ਪਉੜੀ ॥ ਤੂ ਸਚਾ ਸਾਹਿਬੁ ਸਚੁ ਹੈ ਸਚੁ ਸਚਾ ਗੋਸਾਈ ॥ ਤੁਧੁਨੋ ਸਭ ਧਿਆਇਦੀ ਸਭ ਲਗੈ ਤੇਰੀ ਪਾਈ ॥ ਤੇਰੀ ਸਿਫਤਿ ਸੁਆਲਿਉ ਸਰੂਪ ਹੈ ਜਿਨਿ ਕੀਤੀ ਤਿਸੁ ਪਾਰਿ ਲਘਾਈ ॥ ਗੁਰਮੁਖਾ ਨੋ ਫਲੁ ਪਾਇਦਾ ਸਚਿ ਨਾਮਿ ਸਮਾਈ ॥ ਵਡੇ ਮੇਰੇ ਸਾਹਿਬਾ ਵਡੀ ਤੇਰੀ ਵਡਿਆਈ ॥੧॥ {ਪੰਨਾ 301}

ਪਦਅਰਥ:- ਸਚਾ—ਸੱਚਾ, ਸਦਾ-ਥਿਰ ਰਹਿਣ ਵਾਲਾ । ਗੋਸਾਈ—ਧਰਤੀ ਦਾ ਖ਼ਸਮ । ਪਾਈ—ਪੈਰਾਂ ਤੇ, ਚਰਨਾਂ ਤੇ । ਸੁਆਲਿਓ—ਸੋਹਣੀ (ਸੁਆਲਿਉ—ਸੋਹਣਾ) । ਨਾਮਿ—ਨਾਮ ਵਿਚ ।੧।

ਅਰਥ:- ਹੇ ਪ੍ਰਭੂ ! ਤੂੰ ਸਦਾ-ਥਿਰ ਰਹਿਣ ਵਾਲਾ ਮਾਲਕ ਹੈਂ ਤੇ ਪ੍ਰਿਥਵੀ ਦਾ ਸੱਚਾ ਸਾਈਂ ਹੈਂ, ਸਾਰੀ ਸ੍ਰਿਸ਼ਟੀ ਤੇਰਾ ਧਿਆਨ ਹੈ ਤੇ ਸਭ ਜੀਅ-ਜੰਤ ਤੇਰੇ ਅਗੇ ਸਿਰ ਨਿਵਾਉਂਦੇ ਹਨ । ਤੇਰੀ ਸਿਫ਼ਤਿ-ਸਾਲਾਹ ਕਰਨੀ ਇਕ ਸੋਹਣੀ ਸੁੰਦਰ ਕਾਰ ਹੈ । ਜਿਸ ਨੇ ਕੀਤੀ ਹੈ, ਉਸ ਨੂੰ (ਸੰਸਾਰ-ਸਾਗਰ ਤੋਂ) ਪਾਰ ਉਤਾਰਦੀ ਹੈ । ਹੇ ਪ੍ਰਭੂ ! ਜੋ ਜੀਵ ਸਤਿਗੁਰੂ ਦੇ ਸਨਮੁਖ ਰਹਿੰਦੇ ਹਨ; ਤੂੰ ਉਹਨਾਂ ਦੀ ਘਾਲ (ਸਿਫ਼ਤਿ-ਸਾਲਾਹ ਕਰਨ ਦੀ ਘਾਲ) ਸਫਲ ਕਰਦਾ ਹੈਂ, ਤੇਰੇ ਸੱਚੇ ਨਾਮ ਵਿਚ ਉਹ ਲੀਨ ਹੋ ਜਾਂਦੇ ਹਨ । ਹੇ ਮੇਰੇ ਮਾਲਿਕ (ਪ੍ਰਭੂ ! ਜਿਹਾ) ਤੂੰ ਆਪ ਹੈਂ (ਤਿਹੀ) ਤੇਰੀ ਵਡਿਆਈ (ਭੀ) ਵੱਡੀ (ਭਾਵ, ਵੱਡੇ ਗੁਣ ਪੈਦਾ ਕਰਨ ਵਾਲੀ) ਹੈ ।੧।

ਸਲੋਕ ਮਃ ੪ ॥ ਵਿਣੁ ਨਾਵੈ ਹੋਰੁ ਸਲਾਹਣਾ ਸਭੁ ਬੋਲਣੁ ਫਿਕਾ ਸਾਦੁ ॥ ਮਨਮੁਖ ਅਹੰਕਾਰੁ ਸਲਾਹਦੇ ਹਉਮੈ ਮਮਤਾ ਵਾਦੁ ॥ ਜਿਨ ਸਾਲਾਹਨਿ ਸੇ ਮਰਹਿ ਖਪਿ ਜਾਵੈ ਸਭੁ ਅਪਵਾਦੁ ॥ ਜਨ ਨਾਨਕ ਗੁਰਮੁਖਿ ਉਬਰੇ ਜਪਿ ਹਰਿ ਹਰਿ ਪਰਮਾਨਾਦੁ ॥੧॥ {ਪੰਨਾ 301}

ਪਦਅਰਥ:- ਸਾਦੁ—ਸੁਆਦ, ਚਸਕਾ । ਫਿਕਾ ਸਾਦੁ—ਵਿਅਰਥ ਚਸਕਾ । ਸਲਾਹਦੇ—ਚੰਗਾ ਸਮਝਦੇ ਹਨ । ਮਮਤਾ—ਅਪਣੱਤ । ਵਾਦੁ—ਝਗੜਾ, ਝੰਬੇਲਾ, ਲੰਮੀਆਂ ਗੱਲਾਂ । ਅਪਵਾਦੁ—ਝਗੜਾ, ਕੋਝਾ ਝਗੜਾ । ਪਰਮਾਨਾਦੁ—ਪਰਮ-ਅਨੰਦ ਹਰੀ ।੧।

ਅਰਥ:- ਹਰੀ ਦੇ ਨਾਮ ਤੋਂ ਬਿਨਾ ਕਿਸੇ ਹੋਰ ਦੀ ਵਡਿਆਈ ਕਰਨੀ—ਇਹ ਬੋਲਣ ਦਾ ਸਾਰਾ (ਉੱਦਮ) ਬੇ-ਸੁਆਦਾ ਕੰਮ ਹੈ (ਭਾਵ, ਇਸ ਵਿਚ ਅਸਲੀ ਅਨੰਦ ਨਹੀਂ ਹੈ) । ਮਨਮੁਖ ਜੀਵ ਅਹੰਕਾਰ ਹਉਮੈ ਤੇ ਅਪਣੱਤ ਦੀਆਂ ਗੱਲਾਂ ਨੂੰ ਪਸੰਦ ਕਰਦੇ ਹਨ, ਭਾਵ, ਇਹਨਾਂ ਦੇ ਅਧਾਰ ਤੇ ਕਿਸੇ ਮਨੁੱਖ ਦੀ ਨਿੰਦਾ ਕਰਦੇ ਹਨ ਤੇ ਇਹਨਾਂ ਦਾ ਸਾਰਾ ਝਗੜਾ (ਭਾਵ, ਉਸਤਤਿ ਨਿੰਦਾ ਦੀਆਂ ਗੱਲਾਂ ਦਾ ਸਿਲਸਿਲਾ) ਵਿਅਰਥ ਜਾਂਦਾ ਹੈ । ਹੇ ਨਾਨਕ ! ਸਤਿਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਪੂਰਨ ਅਨੰਦ ਸਰੂਪ ਪ੍ਰਭੂ ਦਾ ਸਿਮਰਨ ਕਰ ਕੇ (ਦੂਜੇ ਮਨੁੱਖਾਂ ਦੀ ਉਸਤਤਿ ਨਿੰਦਾ ਦੇ ਚਸਕੇ ਤੋਂ) ਬਚ ਨਿਕਲਦੇ ਹਨ ।੧।

ਮਃ ੪ ॥ ਸਤਿਗੁਰ ਹਰਿ ਪ੍ਰਭੁ ਦਸਿ ਨਾਮੁ ਧਿਆਈ ਮਨਿ ਹਰੀ ॥ ਨਾਨਕ ਨਾਮੁ ਪਵਿਤੁ ਹਰਿ ਮੁਖਿ ਬੋਲੀ ਸਭਿ ਦੁਖ ਪਰਹਰੀ ॥੨॥ {ਪੰਨਾ 301}

ਪਦਅਰਥ:- ਸਤਿਗੁਰ—ਹੇ ਸਤਿਗੁਰੂ ! ਧਿਆਈ—ਮੈਂ ਧਿਆਵਾਂ । ਮਨਿ—ਮਨ ਵਿਚ । ਮੁਖਿ—ਮੂੰਹੋਂ । ਪਰਹਰੀ—ਮੈਂ ਦੂਰ ਕਰਾਂ ।੨।

ਅਰਥ:- ਹੇ ਸਤਿਗੁਰੂ ! ਮੈਨੂੰ ਪ੍ਰਭੂ ਦੀਆਂ ਗੱਲਾਂ ਸੁਣਾ (ਜਿਸ ਕਰਕੇ) ਮੈਂ ਹਿਰਦੇ ਵਿਚ ਪ੍ਰਭੂ ਦਾ ਨਾਮ ਸਿਮਰ ਸਕਾਂ । ਹੇ ਨਾਨਕ ! ਪ੍ਰਭੂ ਦਾ ਨਾਮ ਪਵਿੱਤ੍ਰ ਹੈ (ਇਸ ਕਰਕੇ ਮਨ ਲੋਚਦਾ ਹੈ ਕਿ ਮੈਂ ਭੀ) ਮੂੰਹੋਂ ਉਚਾਰਨ ਕਰ

ਕੇ (ਆਪਣੇ) ਸਾਰੇ ਦੁੱਖ ਦੂਰ ਕਰ ਲਵਾਂ ।੨।

ਪਉੜੀ ॥ ਤੂ ਆਪੇ ਆਪਿ ਨਿਰੰਕਾਰੁ ਹੈ ਨਿਰੰਜਨ ਹਰਿ ਰਾਇਆ ॥ ਜਿਨੀ ਤੂ ਇਕ ਮਨਿ ਸਚੁ ਧਿਆਇਆ ਤਿਨ ਕਾ ਸਭੁ ਦੁਖੁ ਗਵਾਇਆ ॥ ਤੇਰਾ ਸਰੀਕੁ ਕੋ ਨਾਹੀ ਜਿਸ ਨੋ ਲਵੈ ਲਾਇ ਸੁਣਾਇਆ ॥ ਤੁਧੁ ਜੇਵਡੁ ਦਾਤਾ ਤੂਹੈ ਨਿਰੰਜਨਾ ਤੂਹੈ ਸਚੁ ਮੇਰੈ ਮਨਿ ਭਾਇਆ ॥ ਸਚੇ ਮੇਰੇ ਸਾਹਿਬਾ ਸਚੇ ਸਚੁ ਨਾਇਆ ॥੨॥ {ਪੰਨਾ 301}

ਪਦਅਰਥ:- ਨਿਰੰਕਾਰੁ—ਅਕਾਰ-ਰਹਿਤ । ਨਿਰੰਜਨ—ਹੇ ਮਾਇਆ ਦੇ ਪ੍ਰਭਾਵ ਤੋਂ ਰਹਿਤ ਹਰੀ! ਲਵੈ ਲਾਇ—ਬਰਾਬਰੀ ਦੇ ਕੇ । ਸਚੁ—ਸਦਾ-ਥਿਰ ਰਹਿਣ ਵਾਲੀ । ਨਾਇਆ—ਨਾਈ, ਵਡਿਆਈ ।੨।

ਅਰਥ:- ਹੇ ਚਾਨਣਾ ਬਖ਼ਸ਼ਣ ਵਾਲੇ ਮਾਇਆ ਤੋਂ ਰਹਿਤ ਪ੍ਰਭੂ! ਤੂੰ ਆਪ ਹੀ ਆਪ ਨਿਰੰਕਾਰ ਹੈਂ । ਹੇ ਸੱਚੇ (ਸਾਈਂ)! ਜਿਨ੍ਹਾਂ ਨੇ ਇਕਾਗਰ ਹੋ ਕੇ ਤੇਰਾ ਸਿਮਰਨ ਕੀਤਾ ਹੈ, ਉਹਨਾਂ ਦਾ ਤੂੰ ਸਭ ਦੁੱਖ ਦੂਰ ਕਰ ਦਿੱਤਾ ਹੈ । (ਸੰਸਾਰ ਵਿਚ) ਤੇਰਾ ਸ਼ਰੀਕ ਕੋਈ ਨਹੀਂ ਜਿਸ ਨੂੰ ਬਰਾਬਰੀ ਦੇ ਕੇ (ਤੇਰੇ ਵਰਗਾ) ਆਖੀਏ । ਹੇ ਮਾਇਆ ਤੋਂ ਰਹਿਤ ਸੱਚੇ ਹਰੀ! ਤੇਰੇ ਜੇਡਾ ਤੂੰ ਆਪ ਹੀ ਦਾਤਾ ਹੈਂ, ਤੂੰ ਹੀ ਮੇਰੇ ਮਨ ਵਿਚ ਪਿਆਰਾ ਲੱਗਦਾ ਹੈਂ । ਹੇ ਮੇਰੇ ਸੱਚੇ ਸਾਹਿਬ! ਤੇਰੀ ਵਡਿਆਈ ਸਦਾ ਕਾਇਮ ਰਹਿਣ ਵਾਲੀ ਹੈ ।੨।

ਸਲੋਕ ਮਃ ੪ ॥ ਮਨ ਅੰਤਰਿ ਹਉਮੈ ਰੋਗੁ ਹੈ ਭ੍ਰਮਿ ਭੂਲੇ ਮਨਮੁਖ ਦੁਰਜਨਾ ॥ ਨਾਨਕ ਰੋਗੁ ਗਵਾਇ ਮਿਲਿ ਸਤਿਗੁਰ ਸਾਧੂ ਸਜਨਾ ॥੧॥ {ਪੰਨਾ 301}

ਅਰਥ:- ਜਿਨ੍ਹਾਂ ਦੇ ਮਨ ਵਿਚ ਹਉਮੈ ਦਾ ਰੋਗ ਹੈ, ਉਹ ਮਨ-ਦੇ-ਮੁਰੀਦ ਵਿਕਾਰੀ ਬੰਦੇ ਭਰਮ ਵਿਚ ਭੁੱਲੇ ਹੋਏ ਹਨ । ਹੇ ਨਾਨਕ! ਇਹ ਹਉਮੈ ਦਾ ਰੋਗ ਸਤਿਗੁਰੂ ਨੂੰ ਮਿਲ ਕੇ ਤੇ ਸਤਸੰਗ ਵਿਚ ਰਹਿ ਕੇ ਦੂਰ ਕਰ ।੧।

ਮਃ ੪ ॥ ਮਨੁ ਤਨੁ ਰਤਾ ਰੰਗ ਸਿਉ ਗੁਰਮੁਖਿ ਹਰਿ ਗੁਣਤਾਸੁ ॥ ਜਨ ਨਾਨਕ ਹਰਿ ਸਰਣਾਗਤੀ ਹਰਿ ਮੇਲੇ ਗੁਰ ਸਾਬਾਸਿ ॥੨॥ {ਪੰਨਾ 301}

ਪਦਅਰਥ:- ਰੰਗ ਸਿਉ—ਪ੍ਰੇਮ ਨਾਲ । ਗੁਣਤਾਸੁ—ਗੁਣਾਂ ਦਾ ਖ਼ਜ਼ਾਨਾ ਹਰੀ । ਗੁਰ ਸਾਬਾਸਿ—ਗੁਰੂ ਵਲੋਂ ਸ਼ਾਬਾਸ਼ੇ, ਗੁਰੂ ਦੀ ਥਾਪਣਾ ।੨।

ਅਰਥ:- ਸਤਿਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦਾ ਮਨ ਤੇ ਸਰੀਰ ਗੁਣ-ਨਿਧਾਨ ਹਰੀ ਦੇ ਪ੍ਰੇਮ ਨਾਲ ਰੰਗਿਆ ਰਹਿੰਦਾ ਹੈ । ਹੇ ਨਾਨਕ! ਜਿਸ ਜਨ ਨੂੰ ਸਤਿਗੁਰੂ ਦੀ ਥਾਪਣਾ ਮਿਲਦੀ ਹੈ, ਪ੍ਰਭੂ ਦੀ ਸ਼ਰਣੀ ਪਏ ਉਸ ਮਨੁੱਖ ਨੂੰ ਪ੍ਰਭੂ (ਆਪਣੇ ਨਾਲ) ਮੇਲ ਲੈਂਦਾ ਹੈ ।੨।

ਪਉੜੀ ॥ ਤੂ ਕਰਤਾ ਪੁਰਖੁ ਅਗੰਮੁ ਹੈ ਕਿਸੁ ਨਾਲਿ ਤੂ ਵੜੀਐ ॥ ਤੁਧੁ ਜੇਵਡੁ ਹੋਇ ਸੁ ਆਖੀਐ ਤੁਧੁ ਜੇਹਾ ਤੂਹੈ ਪੜੀਐ ॥ ਤੂ ਘਟਿ ਘਟਿ ਇਕੁ ਵਰਤਦਾ ਗੁਰਮੁਖਿ ਪਰਗੜੀਐ ॥ ਤੂ ਸਚਾ ਸਭਸ ਦਾ ਖਸਮੁ ਹੈ ਸਭ ਦੂ ਤੂ ਚੜੀਐ ॥ ਤੂ ਕਰਹਿ ਸੁ ਸਚੇ ਹੋਇਸੀ ਤਾ ਕਾਇਤੁ ਕੜੀਐ ॥੩॥ {ਪੰਨਾ 301}

ਪਦਅਰਥ:- ਪੁਰਖੁ—ਸਭ ਵਿਚ ਵਿਆਪਕ । ਵੜੀਐ—ਤੁਲਨਾ ਦੇਈਏ । ਕਾਇਤੁ—ਕਿਉਂ? ਕੜੀਐ—

ਚਿੰਤਾ ਕਰੀਏ ।੩।

ਅਰਥ:- ਹੇ ਪ੍ਰਭੂ! ਤੂੰ (ਸਾਰੀ ਸ੍ਰਿਸ਼ਟੀ ਦਾ) ਰਚਨ ਵਾਲਾ ਹੈਂ, (ਸ੍ਰਿਸ਼ਟੀ ਵਿਚ) ਵਿਆਪਕ ਹੈਂ (ਤੇ ਫੇਰ ਭੀ) ਪਹੁੰਚ ਤੋਂ ਪਰੇ ਹੈਂ । ਕਿਸੇ ਦੇ ਨਾਲ ਤੈਨੂੰ ਤੁਲਨਾ ਨਹੀਂ ਦੇ ਸਕੀਦੀ । ਕਿਸ ਦਾ ਨਾਮ ਲਈਏ? ਤੇਰੇ ਜੇਡਾ ਹੋਰ ਕੋਈ ਨਹੀਂ, ਤੈਨੂੰ ਹੀ ਤੇਰੇ ਜਿਹਾ ਆਖ ਸਕਦੇ ਹਾਂ । (ਹੇ ਹਰੀ!) ਤੂੰ ਹਰ ਇਕ ਸਰੀਰ ਵਿਚ ਵਿਆਪਕ ਹੈਂ, (ਪਰ ਇਹ ਗੱਲ) ਉਹਨਾਂ ਤੇ ਪਰਗਟ (ਹੁੰਦੀ ਹੈ) ਜੋ ਸਤਿਗੁਰੂ ਦੇ ਸਨਮੁਖ (ਹੁੰਦੇ ਹਨ) । (ਹੇ ਪ੍ਰਭੂ!) ਤੂੰ ਸਦਾ-ਥਿਰ ਰਹਿਣ ਵਾਲਾ ਸਭ ਦਾ ਮਾਲਕ ਹੈਂ ਤੇ ਸਭ ਤੋਂ ਸੁੰਦਰ (ਸ੍ਰੇਸ਼ਟ) ਹੈਂ । ਹੇ ਸੱਚੇ (ਹਰੀ!) (ਜੇ ਸਾਨੂੰ ਇਹ ਨਿਸ਼ਚਾ ਹੋ ਜਾਏ ਕਿ) ਜੋ ਤੂੰ ਕਰਦਾ ਹੈਂ ਸੋਈ ਹੁੰਦਾ ਹੈ, ਤਾਂ ਅਸੀ ਕਿਉਂ ਝੁਰੀਏ? ।੩।

ਸਲੋਕ ਮਃ ੪ ॥ ਮੈ ਮਨਿ ਤਨਿ ਪ੍ਰੇਮੁ ਪਿਰੰਮ ਕਾ ਅਠੇ ਪਹਰ ਲਗੰਨਿ ॥ ਜਨ ਨਾਨਕ ਕਿਰਪਾ ਧਾਰਿ ਪ੍ਰਭ ਸਤਿਗੁਰ ਸੁਖਿ ਵਸੰਨਿ ॥੧॥ {ਪੰਨਾ 301}

ਪਦਅਰਥ:- ਮੈ ਮਨਿ—ਮੇਰੇ ਮਨ ਵਿਚ । ਨੋਟ:- ਲਫ਼ਜ਼ 'ਲਗੰਨਿ' ਅਤੇ 'ਵਸੰਨਿ' ਵਰਤਮਾਨ ਕਾਲ, ਅੱਨ ਪੁਰਖ, ਬਹੁ-ਵਚਨ ਵਿਚ ਹਨ । 'ਵਸੰਨਿ' ਦਾ ਅਰਥ 'ਮੈਂ ਵਸਦਾ ਰਹਾਂ' ਕਰਨਾ ਗ਼ਲਤ ਹੈ (ਵੇਖੋ, 'ਗੁਰਬਾਣੀ ਵਿਆਕਰਣ') । ਧਾਰਿ—ਧਾਰੀ ਹੈ ।੧।

ਅਰਥ:- (ਮਨ ਲੋਚਦਾ ਹੈ ਕਿ) ਅੱਠੇ ਪਹਿਰ ਲੱਗ ਜਾਣ (ਭਾਵ, ਗੁਜ਼ਰ ਜਾਣ) (ਪਰ) ਮੇਰੇ ਹਿਰਦੇ ਤੇ ਸਰੀਰ ਵਿਚ ਪਿਆਰੇ ਦਾ ਪਿਆਰ (ਲੱਗਾ ਰਹੇ, ਭਾਵ, ਨਾ ਮੁੱਕੇ) (ਕਿਉਂਕਿ) ਹੇ ਨਾਨਕ! (ਜਿਨ੍ਹਾਂ) ਮਨੁੱਖਾਂ ਤੇ ਹਰੀ (ਇਹੋ ਜਿਹੀ) ਕਿਰਪਾ ਕਰਦਾ ਹੈ ਉਹ ਸਤਿਗੁਰੂ ਦੇ (ਬਖ਼ਸ਼ੇ ਹੋਏ) ਸੁਖ ਵਿਚ (ਸਦਾ) ਵੱਸਦੇ ਹਨ ।੧।

ਮਃ ੪ ॥ ਜਿਨ ਅੰਦਰਿ ਪ੍ਰੀਤਿ ਪਿਰੰਮ ਕੀ ਜਿਉ ਬੋਲਨਿ ਤਿਵੈ ਸੋਹੰਨਿ ॥ ਨਾਨਕ ਹਰਿ ਆਪੇ ਜਾਣਦਾ ਜਿਨਿ ਲਾਈ ਪ੍ਰੀਤਿ ਪਿਰੰਨਿ ॥੨॥ {ਪੰਨਾ 301}

ਪਦਅਰਥ:- ਨੋਟ:- ਪਿਛਲਾ ਸਲੋਕ ਤੇ ਇਹ ਸਲੋਕ ਦੋਵੇਂ ਮਹਲੇ ਚੌਥੇ ਦੇ ਹਨ, ਲਫ਼ਜ਼ 'ਲਗੰਨਿ' 'ਵਸੰਨਿ' ਤੇ 'ਸੋਹੰਨਿ' ਇਕੋ ਹੀ ਕਿਸਮ ਦੇ ਹਨ । ਸੋਹੰਨਿ—ਸੋਭਦੇ ਹਨ । ਪਿਰੰਮ ਕੀ—ਪਿਆਰੇ ਦੀ । ਜਿਨਿ—ਜਿਸ ਨੇ (ਲਫ਼ਜ਼ 'ਜਿਨ' ਬਹੁ-ਵਚਨ ਹੈ ਤੇ 'ਜਿਨਿ' ਇਕ-ਵਚਨ) । ਪਿਰੰਨਿ—ਪਿਰ ਨੇ, ਖ਼ਸਮ ਨੇ । ਜਿਨਿ ਪਿਰੰਨਿ—ਜਿਸ ਪਿਰ ਨੇ ।੨।

ਅਰਥ:- ਜਿਨ੍ਹਾਂ ਦੇ ਹਿਰਦੇ ਵਿਚ ਪ੍ਰਭੂ ਦਾ ਪਿਆਰ ਹੈ, ਉਹ ਜਿਵੇਂ ਬੋਲਦੇ ਹਨ, ਤਿਵੇਂ ਹੀ ਸੋਭਦੇ ਹਨ (ਭਾਵ, ਉਹਨਾਂ ਦਾ ਬੋਲਿਆ ਮਿੱਠਾ ਲੱਗਦਾ ਹੈ) (ਇਹ ਇਕ ਅਚਰਜ ਕੌਤਕ ਹੈ) । ਹੇ ਨਾਨਕ! (ਇਸ ਭੇਤ ਦੀ ਜੀਵ ਨੂੰ ਸਾਰ ਨਹੀਂ ਆ ਸਕਦੀ) ਜਿਸ ਪਿਰ (ਪ੍ਰਭੂ) ਨੇ ਇਹ ਪਿਆਰ ਲਾਇਆ ਹੈ, ਉਹ ਆਪੇ ਹੀ ਜਾਣਦਾ ਹੈ ।੨।

ਪਉੜੀ ॥ ਤੂ ਕਰਤਾ ਆਪਿ ਅਭੁਲੁ ਹੈ ਭੁਲਣ ਵਿਚਿ ਨਾਹੀ ॥ ਤੂ ਕਰਹਿ ਸੁ ਸਚੇ ਭਲਾ ਹੈ ਗੁਰ ਸਬਦਿ ਬੁਝਾਹੀ ॥ ਤੂ ਕਰਣ ਕਾਰਣ ਸਮਰਥੁ ਹੈ ਦੂਜਾ ਕੋ ਨਾਹੀ ॥ ਤੂ ਸਾਹਿਬੁ ਅਗਮੁ ਦਇਆਲੁ ਹੈ ਸਭਿ ਤੁਧੁ ਧਿਆਹੀ ॥ ਸਭਿ ਜੀਅ ਤੇਰੇ ਤੂ ਸਭਸ ਦਾ ਤੂ ਸਭ ਛਡਾਹੀ ॥੪॥ {ਪੰਨਾ 301}

ਪਦਅਰਥ:- ਬੁਝਾਹੀ—ਤੂੰ ਸਮਝ ਦੇਂਦਾ ਹੈਂ । ਕਰਣ—ਜਗਤ । ਅਗਮੁ—ਅਪਹੁੰਚ । ਛਡਾਹੀ—ਦੁੱਖਾਂ ਝੋਰਿਆਂ ਤੋਂ ਤੂੰ ਛਡਾਂਦਾ ਹੈਂ (ਵੇਖੋ, ਪਉੜੀ ਨੰ: ੨, ੩ ਵਿਚ 'ਦੁਖ ਤੇ ਕਾੜਾ') ।੪।

ਅਰਥ:- ਹੇ (ਸ੍ਰਿਸ਼ਟੀ ਦੇ) ਰਚਨਹਾਰ! ਤੂੰ ਆਪ ਅਭੁੱਲ ਹੈਂ, ਭੁੱਲਣ ਵਿਚ ਨਹੀਂ ਆਉਂਦਾ । ਹੇ ਸੱਚੇ! ਸਤਿਗੁਰੂ ਦੇ ਸ਼ਬਦ ਰਾਹੀਂ ਤੂੰ ਇਹ ਸਮਝਾਉਂਦਾ ਹੈਂ ਕਿ ਜੋ ਤੂੰ ਕਰਦਾ ਹੈਂ ਸੋ ਚੰਗਾ ਕਰਦਾ ਹੈਂ । ਹੇ ਹਰੀ! ਤੇਰਾ ਕੋਈ ਸ਼ਰੀਕ ਨਹੀਂ ਤੇ ਸ੍ਰਿਸ਼ਟੀ ਦੇ ਇਸ ਸਾਰੇ ਪਰਪੰਚ ਦਾ ਮੂਲ ਤੂੰ ਆਪੇ ਹੀ ਹੈਂ ਤੇ ਸਮਰੱਥਾ ਵਾਲਾ ਹੈਂ । ਤੂੰ ਦਇਆ ਕਰਨ ਵਾਲਾ ਮਾਲਕ ਹੈਂ (ਪਰ) ਤੇਰੇ ਤਾਈਂ ਪਹੁੰਚ ਨਹੀਂ ਹੋ ਸਕਦੀ; ਸਭ ਜੀਵ ਜੰਤ ਤੈਨੂੰ ਸਿਮਰਦੇ ਹਨ । ਸਭ ਜੀਵ ਤੇਰੇ (ਰਚੇ ਹੋਏ) ਹਨ, ਤੂੰ ਸਭਨਾਂ ਦਾ (ਮਾਲਕ) ਹੈਂ, ਤੂੰ ਸਾਰਿਆਂ ਨੂੰ (ਦੁੱਖਾਂ ਤੇ ਝੋਰਿਆਂ ਤੋਂ) ਆਪ ਛਡਾਂਦਾ ਹੈਂ ।੪।

ਸਲੋਕ ਮਃ ੪ ॥ ਸੁਣਿ ਸਾਜਨ ਪ੍ਰੇਮ ਸੰਦੇਸਰਾ ਅਖੀ ਤਾਰ ਲਗੰਨਿ ॥ ਗੁਰਿ ਤੁਠੈ ਸਜਣੁ ਮੇਲਿਆ ਜਨ ਨਾਨਕ ਸੁਖਿ ਸਵੰਨਿ ॥੧॥ {ਪੰਨਾ 302}

ਪਦਅਰਥ:- ਅਖੀ—ਅੱਖਾਂ । ਗੁਰਿ—ਗੁਰੂ ਨੇ । ਸਵੰਨਿ—ਸਉਂਦੇ ਹਨ, ਲੀਨ ਰਹਿੰਦੇ ਹਨ ।੧।

ਅਰਥ:- ਸੱਜਣ ਪ੍ਰਭੂ ਦਾ ਪਿਆਰ-ਭਰਿਆ ਸੁਨੇਹਾ ਸੁਣ ਕੇ (ਜਿਨ੍ਹਾਂ ਦੀਆਂ) ਅੱਖੀਆਂ ਤਾਰ ਵਿਚ (ਭਾਵ, ਦੀਦਾਰ ਦੀ ਤਾਂਘ ਵਿਚ) ਲੱਗ ਜਾਂਦੀਆਂ ਹਨ; ਹੇ ਨਾਨਕ! ਗੁਰੂ ਨੇ ਪ੍ਰਸੰਨ ਹੋ ਕੇ ਉਹਨਾਂ ਨੂੰ ਸੱਜਣ ਮਿਲਾਇਆ ਹੈ, ਤੇ ਉਹ ਸੁਖ ਵਿਚ ਟਿਕੇ ਰਹਿੰਦੇ ਹਨ ।੧।

ਮਃ ੪ ॥ ਸਤਿਗੁਰੁ ਦਾਤਾ ਦਇਆਲੁ ਹੈ ਜਿਸ ਨੋ ਦਇਆ ਸਦਾ ਹੋਇ ॥ ਸਤਿਗੁਰੁ ਅੰਦਰਹੁ ਨਿਰਵੈਰੁ ਹੈ ਸਭੁ ਦੇਖੈ ਬ੍ਰਹਮੁ ਇਕੁ ਸੋਇ ॥ ਨਿਰਵੈਰਾ ਨਾਲਿ ਜਿ ਵੈਰੁ ਚਲਾਇਦੇ ਤਿਨ ਵਿਚਹੁ ਤਿਸਟਿਆ ਨ ਕੋਇ ॥ ਸਤਿਗੁਰੁ ਸਭਨਾ ਦਾ ਭਲਾ ਮਨਾਇਦਾ ਤਿਸ ਦਾ ਬੁਰਾ ਕਿਉ ਹੋਇ ॥ ਸਤਿਗੁਰ ਨੋ ਜੇਹਾ ਕੋ ਇਛਦਾ ਤੇਹਾ ਫਲੁ ਪਾਏ ਕੋਇ ॥ ਨਾਨਕ ਕਰਤਾ ਸਭੁ ਕਿਛੁ ਜਾਣਦਾ ਜਿਦੂ ਕਿਛੁ ਗੁਝਾ ਨ ਹੋਇ ॥੨॥ {ਪੰਨਾ 302}

ਪਦਅਰਥ:- ਤਿਸਟਿਆ—ਟਿਕਿਆ, ਸ਼ਾਂਤ-ਚਿੱਤ ਹੋਇਆ । ਗੁਝਾ—ਲੁਕਿਆ ।੨।

ਅਰਥ:- ਦਾਤਾਂ ਬਖ਼ਸ਼ਣ ਵਾਲਾ ਸਤਿਗੁਰੂ ਦਇਆ ਦਾ ਘਰ ਹੈ, ਉਸ ਦੇ (ਹਿਰਦੇ) ਵਿਚ ਸਦਾ ਦਇਆ (ਹੀ ਦਇਆ) ਹੈ । ਸਤਿਗੁਰੂ ਦੇ (ਹਿਰਦੇ) ਵਿਚ ਕਿਸੇ ਨਾਲ ਵੈਰ ਨਹੀਂ, ਉਹ ਸਭ ਥਾਈਂ ਇਕ ਪ੍ਰਭੂ ਨੂੰ ਵੇਖ ਰਿਹਾ ਹੈ (ਇਸ ਲਈ ਉਹ ਵੈਰ ਕਿਸ ਦੇ ਨਾਲ ਕਰੇ? ਪਰ ਕਈ ਮੂਰਖ ਮਨੁੱਖ ਨਿਰਵੈਰ ਗੁਰੂ ਨਾਲ ਭੀ ਵੈਰ ਕਰਨੋਂ ਨਹੀਂ ਮੁੜਦੇ) ਜੋ ਮਨੁੱਖ ਨਿਰਵੈਰਾਂ ਨਾਲ ਵੈਰ ਕਰਦੇ ਹਨ, ਉਹਨਾਂ ਵਿਚੋਂ ਸ਼ਾਂਤੀ ਕਦੀ ਕਿਸੇ ਦੇ ਹਿਰਦੇ ਵਿਚ ਨਹੀਂ ਆਈ (ਭਾਵ, ਉਹ ਸਦਾ ਦੁਖੀ ਰਹਿੰਦੇ ਹਨ;) (ਤੇ) ਸਤਿਗੁਰੂ ਦਾ ਬੁਰਾ ਤਾਂ ਹੋ ਹੀ ਨਹੀਂ ਸਕਦਾ (ਕਿਉਂਕਿ) ਉਹ ਸਭਨਾਂ ਦਾ ਭਲਾ ਸੋਚਦਾ ਹੈ । ਜਿਸ ਭਵਨਾ ਨਾਲ ਕੋਈ ਜੀਵ ਸਤਿਗੁਰੂ ਪਾਸ ਜਾਂਦਾ ਹੈ, ਉਸ ਨੂੰ ਉਹੋ ਜਿਹਾ ਫਲ ਮਿਲ ਜਾਂਦਾ ਹੈ (ਜ਼ਾਹਰਦਾਰੀ ਸਫਲ ਨਹੀਂ ਹੋ ਸਕਦੀ); ਕਿਉਂਕਿ ਹੇ ਨਾਨਕ! ਰਚਨਹਾਰ ਪ੍ਰਭੂ ਪਾਸੋਂ ਕੋਈ ਗੱਲ ਲੁਕਾਈ ਨਹੀਂ ਜਾ ਸਕਦੀ, ਉਹ (ਅੰਦਰਲੀ ਬਾਹਰਲੀ) ਸਭ ਜਾਣਦਾ ਹੈ ।੨।

ਪਉੜੀ ॥ ਜਿਸ ਨੋ ਸਾਹਿਬੁ ਵਡਾ ਕਰੇ ਸੋਈ ਵਡ ਜਾਣੀ ॥ ਜਿਸੁ ਸਾਹਿਬ ਭਾਵੈ ਤਿਸੁ ਬਖਸਿ ਲਏ ਸੋ ਸਾਹਿਬ ਮਨਿ ਭਾਣੀ ॥ ਜੇ ਕੋ ਓਸ ਦੀ ਰੀਸ ਕਰੇ ਸੋ ਮੂੜ ਅਜਾਣੀ ॥ ਜਿਸ ਨੋ ਸਤਿਗੁਰੁ ਮੇਲੇ ਸੁ ਗੁਣ ਰਵੈ ਗੁਣ ਆਖਿ ਵਖਾਣੀ ॥ ਨਾਨਕ ਸਚਾ ਸਚੁ ਹੈ ਬੁਝਿ ਸਚਿ ਸਮਾਣੀ ॥੫॥ {ਪੰਨਾ 302}

ਪਦਅਰਥ:- ਸਾਹਿਬ ਮਨਿ—ਸਾਹਿਬ ਦੇ ਮਨ ਵਿਚ । ਸਚਿ—ਸਦਾ-ਥਿਰ ਪ੍ਰਭੂ ਵਿਚ ।੫।

ਅਰਥ:- ਜਿਸ (ਜੀਵ-ਇਸਤ੍ਰੀ) ਨੂੰ ਮਾਲਕ-ਪ੍ਰਭੂ ਵਡਿਆਏ, ਉਹੀ (ਅਸਲ) ਵੱਡੀ ਸਮਝਣੀ ਚਾਹੀਦੀ ਹੈ । ਜਿਸ ਨੂੰ ਚਾਹੇ ਪ੍ਰਭੂ ਮਾਲਕ ਬਖ਼ਸ਼ ਲੈਂਦਾ ਹੈ, ਤੇ ਉਹ ਸਾਹਿਬ ਦੇ ਮਨ ਵਿਚ ਪਿਆਰੀ ਲੱਗਦੀ ਹੈ । ਉਹ (ਜੀਵ-ਇਸਤ੍ਰੀ) ਮੂਰਖ ਤੇ ਅੰਞਾਣ ਹੈ ਜੋ ਉਸ ਦੀ ਰੀਸ ਕਰਦੀ ਹੈ, (ਕਿਉਂਕਿ ਰੀਸ ਕੀਤਿਆਂ ਕੁਝ ਹੱਥ ਨਹੀਂ ਆਉਂਦਾ, ਇਥੇ ਤਾਂ) ਜਿਸ ਨੂੰ ਸਤਿਗੁਰੂ ਮੇਲਦਾ ਹੈ (ਉਹੀ ਮਿਲਦੀ ਹੈ ਤੇ) (ਹਰੀ ਦੀ) ਸਿਫ਼ਤਿ-ਸਾਲਾਹ ਹੀ ਉਚਾਰਨ ਕਰ ਕੇ (ਹੋਰਨਾਂ ਨੂੰ ਸੁਣਾਉਂਦੀ ਹੈ । ਹੇ ਨਾਨਕ! ਪ੍ਰਭੂ ਸਦਾ-ਥਿਰ ਰਹਿਣ ਵਾਲਾ ਹੈ, (ਇਸ ਗੱਲ ਨੂੰ ਚੰਗੀ ਤਰ੍ਹਾਂ) ਸਮਝ ਕੇ (ਉਹ ਜੀਵ-ਇਸਤ੍ਰੀ) ਸੱਚੇ ਪ੍ਰਭੂ ਵਿਚ ਲੀਨ ਹੋ ਜਾਂਦੀ ਹੈ ।੫।

ਸਲੋਕ ਮਃ ੪ ॥ ਹਰਿ ਸਤਿ ਨਿਰੰਜਨ ਅਮਰੁ ਹੈ ਨਿਰਭਉ ਨਿਰਵੈਰੁ ਨਿਰੰਕਾਰੁ ॥ ਜਿਨ ਜਪਿਆ ਇਕ ਮਨਿ ਇਕ ਚਿਤਿ ਤਿਨ ਲਥਾ ਹਉਮੈ ਭਾਰੁ ॥ ਜਿਨ ਗੁਰਮੁਖਿ ਹਰਿ ਆਰਾਧਿਆ ਤਿਨ ਸੰਤ ਜਨਾ ਜੈਕਾਰੁ ॥ ਕੋਈ ਨਿੰਦਾ ਕਰੇ ਪੂਰੇ ਸਤਿਗੁਰੂ ਕੀ ਤਿਸ ਨੋ ਫਿਟੁ ਫਿਟੁ ਕਹੈ ਸਭੁ ਸੰਸਾਰੁ ॥ ਸਤਿਗੁਰ ਵਿਚਿ ਆਪਿ ਵਰਤਦਾ ਹਰਿ ਆਪੇ ਰਖਣਹਾਰੁ ॥ ਧਨੁ ਧੰਨੁ ਗੁਰੂ ਗੁਣ ਗਾਵਦਾ ਤਿਸ ਨੋ ਸਦਾ ਸਦਾ ਨਮਸਕਾਰੁ ॥ ਜਨ ਨਾਨਕ ਤਿਨ ਕਉ ਵਾਰਿਆ ਜਿਨ ਜਪਿਆ ਸਿਰਜਣਹਾਰੁ ॥੧॥ {ਪੰਨਾ 302}

ਪਦਅਰਥ:- ਨਿਰੰਜਨੁ—ਨਿਰ-ਅੰਜਨ । ਅੰਜਨ—ਕਾਲਖ, ਮਾਇਆ ਦਾ ਪ੍ਰਭਾਵ । ਨਿਰਭਉ—ਜਿਸ ਨੂੰ ਕੋਈ ਡਰ ਨਹੀਂ । ਨਿਰੰਕਾਰੁ—ਜਿਸ ਦਾ ਕੋਈ ਖ਼ਾਸ ਸਰੀਰ ਨਹੀਂ । ਇਕ ਮਨਿ—ਇਕ ਮਨ ਦੀ ਰਾਹੀਂ, ਮਨ ਲਾ ਕੇ, ਮਨ ਇਕ ਹਰੀ ਵੱਲ ਲਾ ਕੇ । ਗੁਰਮੁਖਿ—ਗੁਰੂ ਵਲ ਮੂੰਹ ਕਰ ਕੇ । ਜੈਕਾਰੁ—ਵਡਿਆਈ । ਫਿਟੁ ਫਿਟੁ ਕਹੈ—ਫਿਟਕਾਰਾਂ ਪਾਂਦਾ ਹੈ । ਵਰਤਦਾ—ਮੌਜੂਦ ਹੈ । ਧੰਨੁ—ਮੁਬਾਰਿਕ । ਵਾਰਿਆ—ਸਦਕੇ ।੧।

ਅਰਥ:- ਪ੍ਰਭੂ ਸਚ-ਮੁਚ ਹੈ, ਮਾਇਆ ਤੋਂ ਨਿਰਲੇਪ ਹੈ, ਕਾਲ-ਰਹਿਤ ਨਿਰਭਉ ਨਿਰਵੈਰ ਤੇ ਆਕਾਰ-ਰਹਿਤ ਹੈ, ਜਿਨ੍ਹਾਂ ਨੇ ਇਕਾਗਰ ਮਨ ਹੋ ਕੇ ਉਸ ਦਾ ਸਿਮਰਨ ਕੀਤਾ ਹੈ, ਉਹਨਾਂ ਦੇ ਮਨ ਤੋਂ ਹਉਮੈ ਦਾ ਬੋਝ ਲਹਿ ਗਿਆ ਹੈ । (ਪਰ) ਉਹਨਾਂ ਸੰਤ ਜਨਾਂ ਨੂੰ ਹੀ ਵਡਿਆਈ ਮਿਲਦੀ ਹੈ, ਜਿਨ੍ਹਾਂ ਨੇ ਗੁਰੂ ਦੇ ਸਨਮੁਖ ਹੋ ਕੇ ਸਿਮਰਨ ਕੀਤਾ ਹੈ । ਜੋ ਕੋਈ ਪੂਰੇ ਸਤਿਗੁਰੂ ਦੀ ਨਿੰਦਾ ਕਰਦਾ ਹੈ ਉਸ ਨੂੰ ਸਾਰਾ ਸੰਸਾਰ ਫਿਟਕਾਰਾਂ ਪਾਉਂਦਾ ਹੈ, (ਉਹ ਨਿੰਦਕ ਸਤਿਗੁਰੂ ਦਾ ਕੁਝ ਵਿਗਾੜ ਨਹੀਂ ਸਕਦਾ, ਕਿਉਂਕਿ) ਪ੍ਰਭੂ ਆਪ ਸਤਿਗੁਰ ਵਿਚ ਵੱਸਦਾ ਹੈ ਤੇ ਉਹ ਆਪ ਰੱਖਿਆ ਕਰਨ ਵਾਲਾ ਹੈ । ਧੰਨ ਹੈ ਗੁਰੂ ਜੋ ਹਰੀ ਦੇ ਗੁਣ ਗਾਉਂਦਾ ਹੈ, ਉਸ ਦੇ ਅੱਗੇ ਸਦਾ ਸਿਰ ਨਿਵਾਉਣਾ ਚਾਹੀਦਾ ਹੈ । (ਆਖ) ਹੇ ਨਾਨਕ! ਮੈਂ ਸਦਕੇ ਹਾਂ, ਉਹਨਾਂ ਹਰੀ ਦੇ ਦਾਸਾਂ ਤੋਂ ਜਿਨ੍ਹਾਂ ਨੇ ਸਿਰਜਣਹਾਰ ਨੂੰ ਆਰਾਧਿਆ ਹੈ ।੧।

ਮਃ ੪ ॥ ਆਪੇ ਧਰਤੀ ਸਾਜੀਅਨੁ ਆਪੇ ਆਕਾਸੁ ॥ ਵਿਚਿ ਆਪੇ ਜੰਤ ਉਪਾਇਅਨੁ ਮੁਖਿ ਆਪੇ ਦੇਇ ਗਿਰਾਸੁ ॥ ਸਭੁ ਆਪੇ ਆਪਿ ਵਰਤਦਾ ਆਪੇ ਹੀ ਗੁਣਤਾਸੁ ॥ ਜਨ ਨਾਨਕ ਨਾਮੁ ਧਿਆਇ ਤੂ ਸਭਿ ਕਿਲਵਿਖ ਕਟੇ ਤਾਸੁ ॥੨॥ {ਪੰਨਾ 302}

ਪਦਅਰਥ:- ਸਾਜੀਅਨੁ—ਸਾਜੀ ਉਸ ਨੇ । ਉਪਾਇਅਨੁ—ਉਪਾਏ ਉਸ ਨੇ । ਗਿਰਾਸੁ—ਗਰਾਹੀ, ਖ਼ੁਰਾਕ । ਸਭੁ—ਹਰ ਥਾਂ । ਗੁਣਤਾਸੁ—ਗੁਣਾਂ ਦਾ ਖ਼ਜ਼ਾਨਾ । ਸਭਿ—ਸਾਰੇ । ਕਿਲਵਿਖ—ਪਾਪ । ਤਾਸੁ—ਉਸ ਦੇ

।੨।

ਅਰਥ:- ਪ੍ਰਭੂ ਨੇ ਆਪ ਹੀ ਧਰਤੀ ਸਾਜੀ ਤੇ ਆਪ ਹੀ ਅਕਾਸ਼ । ਇਸ ਧਰਤੀ ਵਿਚ ਉਸ ਨੇ ਜੀਅ ਜੰਤ ਪੈਦਾ ਕੀਤੇ ਤੇ ਆਪ ਹੀ (ਜੀਵਾਂ ਦੇ) ਮੂੰਹ ਵਿਚ ਗਰਾਹੀ ਦੇਂਦਾ ਹੈ । ਗੁਣਾਂ ਦਾ ਖ਼ਜ਼ਾਨਾ (ਹਰੀ) ਆਪ ਹੀ ਸਭ ਜੀਆਂ ਦੇ ਅੰਦਰ ਵਿਆਪਕ ਹੈ । ਹੇ ਦਾਸ ਨਾਨਕ! ਤੂੰ ਪ੍ਰਭੂ ਦਾ ਨਾਮ ਜਪ, (ਜਿਸ ਨੇ ਜਪਿਆ ਹੈ) ਉਸ ਦੇ ਸਾਰੇ ਪਾਪ ਪ੍ਰਭੂ ਦੂਰ ਕਰਦਾ ਹੈ ।੨।

ਪਉੜੀ ॥ ਤੂ ਸਚਾ ਸਾਹਿਬੁ ਸਚੁ ਹੈ ਸਚੁ ਸਚੇ ਭਾਵੈ ॥ ਜੋ ਤੁਧੁ ਸਚੁ ਸਲਾਹਦੇ ਤਿਨ ਜਮ ਕੰਕਰੁ ਨੇੜਿ ਨ ਆਵੈ ॥ ਤਿਨ ਕੇ ਮੁਖ ਦਰਿ ਉਜਲੇ ਜਿਨ ਹਰਿ ਹਿਰਦੈ ਸਚਾ ਭਾਵੈ ॥ ਕੂੜਿਆਰ ਪਿਛਾਹਾ ਸਟੀਅਨਿ ਕੂੜੁ ਹਿਰਦੈ ਕਪਟੁ ਮਹਾ ਦੁਖੁ ਪਾਵੈ ॥ ਮੁਹ ਕਾਲੇ ਕੂੜਿਆਰੀਆ ਕੂੜਿਆਰ ਕੂੜੋ ਹੋਇ ਜਾਵੈ ॥੬॥ {ਪੰਨਾ 302}

ਪਦਅਰਥ:- ਜਮ ਕੰਕਰੁ—ਜਮ ਦਾ ਸੇਵਕ, ਜਮਦੂਤ । ਉਜਲੇ—ਖਿੜੇ ਹੋਏ । ਸਟੀਅਨਿ—ਸੱਟੇ ਜਾਂਦੇ ਹਨ । ਹਿਰਦੈ—ਹਿਰਦੇ ਵਿਚ । ਕੂੜੋ—ਕੂੜ ਹੀ ।੬।

ਅਰਥ:- ਹੇ ਹਰੀ! ਤੂੰ ਸੱਚਾ ਤੇ ਥਿਰ ਰਹਿਣ ਵਾਲਾ ਮਾਲਕ ਹੈਂ, ਤੈਨੂੰ ਸੱਚ ਹੀ ਪਿਆਰਾ ਲੱਗਦਾ ਹੈ । ਹੇ ਸੱਚੇ ਪ੍ਰਭੂ! ਜੋ ਜੀਵ ਤੇਰੀ ਸਿਫ਼ਤਿ-ਸਾਲਾਹ ਕਰਦੇ ਹਨ, ਜਮਦੂਤ ਉਹਨਾਂ ਦੇ ਨੇੜੇ ਨਹੀਂ ਢੁਕਦਾ । ਜਿਨ੍ਹਾਂ ਦੇ ਹਿਰਦੇ ਵਿਚ ਸੱਚਾ ਪ੍ਰਭੂ ਪਿਆਰਾ ਲੱਗਦਾ ਹੈ, ਉਹਨਾਂ ਦੇ ਮੂੰਹ ਦਰਗਾਹ ਵਿਚ ਉੱਜਲੇ ਹੁੰਦੇ ਹਨ, (ਪਰ) ਕੂੜ ਦਾ ਵਪਾਰ ਕਰਨ ਵਾਲਿਆਂ ਦੇ ਹਿਰਦੇ ਵਿਚ ਕੂੜ ਤੇ ਕਪਟ ਹੋਣ ਕਰਕੇ ਉਹ ਪਿਛੇ ਸਿੱਟੇ ਜਾਂਦੇ ਹਨ ਤੇ ਬੜਾ ਕਲੇਸ਼ ਉਠਾਂਦੇ ਹਨ । ਕੂੜਿਆਰਾਂ ਦੇ ਮੂੰਹ (ਦਰਗਾਹ ਵਿਚ) ਕਾਲੇ ਹੁੰਦੇ ਹਨ (ਕਿਉਂਕਿ) ਉਹਨਾਂ ਦੇ ਕੂੜ ਦਾ ਨਿਤਾਰਾ ਹੋ ਜਾਂਦਾ ਹੈ ।੬।

ਸਲੋਕ ਮਃ ੪ ॥ ਸਤਿਗੁਰੁ ਧਰਤੀ ਧਰਮ ਹੈ ਤਿਸੁ ਵਿਚਿ ਜੇਹਾ ਕੋ ਬੀਜੇ ਤੇਹਾ ਫਲੁ ਪਾਏ ॥ ਗੁਰਸਿਖੀ ਅੰਮ੍ਰਿਤੁ ਬੀਜਿਆ ਤਿਨ ਅੰਮ੍ਰਿਤ ਫਲੁ ਹਰਿ ਪਾਏ ॥ ਓਨਾ ਹਲਤਿ ਪਲਤਿ ਮੁਖ ਉਜਲੇ ਓਇ ਹਰਿ ਦਰਗਹ ਸਚੀ ਪੈਨਾਏ ॥ ਇਕਨ੍ਹ੍ਹਾ ਅੰਦਰਿ ਖੋਟੁ ਨਿਤ ਖੋਟੁ ਕਮਾਵਹਿ ਓਹੁ ਜੇਹਾ ਬੀਜੇ ਤੇਹਾ ਫਲੁ ਖਾਏ ॥ ਜਾ ਸਤਿਗੁਰੁ ਸਰਾਫੁ ਨਦਰਿ ਕਰਿ ਦੇਖੈ ਸੁਆਵਗੀਰ ਸਭਿ ਉਘੜਿ ਆਏ ॥ ਓਇ ਜੇਹਾ ਚਿਤਵਹਿ ਨਿਤ ਤੇਹਾ ਪਾਇਨਿ ਓਇ ਤੇਹੋ ਜੇਹੇ ਦਯਿ ਵਜਾਏ ॥ ਨਾਨਕ ਦੁਹੀ ਸਿਰੀ ਖਸਮੁ ਆਪੇ ਵਰਤੈ ਨਿਤ ਕਰਿ ਕਰਿ ਦੇਖੈ ਚਲਤ ਸਬਾਏ ॥੧॥ {ਪੰਨਾ 302-303}

ਪਦਅਰਥ:- ਗੁਰਸਿਖੀ—ਗੁਰੂ ਦੇ ਸਿੱਖਾਂ ਨੇ । ਹਲਤਿ—ਇਸ ਲੋਕ ਵਿਚ । ਪਲਤਿ—ਪਰਲੋਕ ਵਿਚ । ਪੈਨਾਏ—ਮੰਨੇ ਜਾਂਦੇ ਹਨ, ਆਦਰ ਦਿੱਤਾ ਜਾਂਦਾ ਹੈ । ਓਇ—(ਲਫ਼ਜ਼ 'ਓਹੁ' ਤੋਂ ਬਹੁ-ਵਚਨ) । ਸੁਆਵਗੀਰ—ਸੁਆਰਥ ਨੂੰ ਫੜਨ ਵਾਲੇ । ਦਯੁ—ਖਸਮ । ਦਯਿ—ਖਸਮ ਨੇ । ਵਜਾਏ—ਪਰਗਟ ਕੀਤੇ । ਸਿਰੀ—ਸਿਰੀਂ, ਪਾਸੀਂ । ਚਲਤ—ਕੌਤਕ । ਸਬਾਏ—ਸਾਰੇ ।੧।

ਅਰਥ:- (ਧਰਤੀ ਦੇ ਸੁਭਾਵ ਵਾਂਗ) ਸਤਿਗੁਰੂ (ਭੀ) ਧਰਮ ਦੀ ਭੋਇੰ ਹੈ, ਜਿਸ ਤਰ੍ਹਾਂ (ਦੀ ਭਾਵਨਾ) ਦਾ ਬੀਜ ਕੋਈ ਬੀਜਦਾ ਹੈ, ਉਹੋ ਜਿਹਾ ਫਲ ਲੈਂਦਾ ਹੈ । ਜਿਨ੍ਹਾਂ ਗੁਰਸਿੱਖਾਂ ਨੇ ਨਾਮ-ਅੰਮ੍ਰਿਤ ਬੀਜਿਆ ਹੈ ਉਹਨਾਂ ਨੂੰ ਪ੍ਰਭੂ-ਪ੍ਰਾਪਤੀ-ਰੂਪ ਅੰਮ੍ਰਿਤ ਫਲ ਹੀ ਮਿਲ ਗਿਆ ਹੈ । ਇਸ ਸੰਸਾਰ ਵਿਚ ਤੇ ਅਗਲੇ ਜਹਾਨ ਵਿਚ ਉਹ

ਸੁਰਖ਼ਰੂ ਹੁੰਦੇ ਹਨ, ਤੇ ਪ੍ਰਭੂ ਦੀ ਸੱਚੀ ਦਰਗਾਹ ਵਿਚ ਉਹਨਾਂ ਦਾ ਆਦਰ ਹੁੰਦਾ ਹੈ । ਇਕਨਾਂ ਜੀਵਾਂ ਦੇ ਹਿਰਦੇ ਵਿਚ ਖੋਟ (ਹੋਣ ਕਰਕੇ) ਉਹ ਸਦਾ ਖੋਟੇ ਕਰਮ ਕਰਦੇ ਹਨ । ਐਸਾ ਬੰਦਾ ਉਹੋ ਜਿਹਾ ਫਲ ਹੀ ਖਾਂਦਾ ਹੈ, (ਕਿਉਂਕਿ) ਜਦੋਂ ਸਰਾਫ਼ ਸਤਿਗੁਰੂ ਗਹੁ ਨਾਲ ਪਰਖਦਾ ਹੈ ਤਾਂ ਸਾਰੇ ਖ਼ੁਦਗ਼ਰਜ਼ ਪਰਗਟ ਹੋ ਜਾਂਦੇ ਹਨ (ਭਾਵ, ਲੁਕੇ ਨਹੀਂ ਰਹਿ ਸਕਦੇ) । ਜਿਹੋ ਜਿਹੀ ਉਹਨਾਂ ਦੇ ਹਿਰਦੇ ਦੀ ਭਾਵਨਾ ਹੁੰਦੀ ਹੈ, ਤਿਹੋ ਜਿਹਾ ਉਹਨਾਂ ਨੂੰ ਫਲ ਮਿਲਦਾ ਹੈ, ਤੇ ਖਸਮ ਪ੍ਰਭੂ ਦੀ ਰਾਹੀਂ ਉਹ ਉਸੇ ਤਰ੍ਹਾਂ ਨਸ਼ਰ ਕਰ ਦਿੱਤੇ ਜਾਂਦੇ ਹਨ, (ਪਰ) ਹੇ ਨਾਨਕ! (ਜੀਵ ਦੇ ਕੀਹ ਵੱਸ?) ਇਹ ਸਾਰੇ ਕੌਤਕ ਪ੍ਰਭੂ ਆਪ ਸਦਾ ਕਰ ਕੇ ਵੇਖ ਰਿਹਾ ਹੈ ਤੇ ਦੋਹੀਂ ਪਾਸੀਂ (ਗੁਰਸਿਖਾਂ ਵਿਚ ਤੇ ਸੁਆਵਗੀਰਾਂ ਵਿਚ) ਆਪ ਹੀ ਪਰਮਾਤਮਾ ਮੌਜੂਦ ਹੈ ।੧।

ਮਃ ੪ ॥ ਇਕੁ ਮਨੁ ਇਕੁ ਵਰਤਦਾ ਜਿਤੁ ਲਗੈ ਸੋ ਥਾਇ ਪਾਇ ॥ ਕੋਈ ਗਲਾ ਕਰੇ ਘਨੇਰੀਆ ਜਿ ਘਰਿ ਵਥੁ ਹੋਵੈ ਸਾਈ ਖਾਇ ॥ ਬਿਨੁ ਸਤਿਗੁਰ ਸੋਝੀ ਨਾ ਪਵੈ ਅਹੰਕਾਰੁ ਨ ਵਿਚਹੁ ਜਾਇ ॥ ਅਹੰਕਾਰੀਆ ਨੋ ਦੁਖ ਭੁਖ ਹੈ ਹਥੁ ਤਡਹਿ ਘਰਿ ਘਰਿ ਮੰਗਾਇ ॥ ਕੂੜੁ ਠਗੀ ਗੁਝੀ ਨਾ ਰਹੈ ਮੁਲੰਮਾ ਪਾਜੁ ਲਹਿ ਜਾਇ ॥ ਜਿਸੁ ਹੋਵੈ ਪੂਰਬਿ ਲਿਖਿਆ ਤਿਸੁ ਸਤਿਗੁਰੁ ਮਿਲੈ ਪ੍ਰਭੁ ਆਇ ॥ ਜਿਉ ਲੋਹਾ ਪਾਰਸਿ ਭੇਟੀਐ ਮਿਲਿ ਸੰਗਤਿ ਸੁਵਰਨੁ ਹੋਇ ਜਾਇ ॥ ਜਨ ਨਾਨਕ ਕੇ ਪ੍ਰਭ ਤੂ ਧਣੀ ਜਿਉ ਭਾਵੈ ਤਿਵੈ ਚਲਾਇ ॥੨॥ {ਪੰਨਾ 303}

ਪਦਅਰਥ:- ਜਿਤੁ—ਜਿਥੇ । ਥਾਇ ਪਾਇ—ਹਾਸਲ ਕਰ ਲੈਂਦਾ ਹੈ । ਵਥੁ—ਚੀਜ਼ । ਘਰਿ ਘਰਿ—ਹਰੇਕ ਘਰ ਵਿਚ । ਗੁਝੀ—ਲੁਕੀ । ਮੁਲੰਮਾ ਪਾਜੁ—ਵਿਖਾਵਾ । ਪਾਰਸਿ—ਪਾਰਸ ਨਾਲ । ਸੁਵਰਨੁ—ਸੋਨਾ । ਧਣੀ—ਮਾਲਕ ।

ਅਰਥ:- ਮਨ ਇੱਕ ਹੈ ਤੇ ਇੱਕ ਪਾਸੇ ਹੀ ਲੱਗ ਸਕਦਾ ਹੈ, ਜਿਥੇ ਜੁੜਦਾ ਹੈ, ਓਥੇ ਸਫਲਤਾ ਹਾਸਲ ਕਰ ਲੈਂਦਾ ਹੈ । ਬਹੁਤੀਆਂ ਗੱਲਾਂ ਬਾਹਰੋਂ ਬਾਹਰੋਂ ਕੋਈ ਪਿਆ ਕਰੇ (ਭਾਵ, ਗੱਲਾਂ ਕਰਨ ਦਾ ਕੋਈ ਲਾਭ ਨਹੀਂ), ਖਾ ਤੇ ਉਹੋ ਚੀਜ਼ ਸਕਦਾ ਹੈ ਜੇਹੜੀ ਘਰ ਵਿਚ ਹੋਵੇ (ਭਾਵ, ਮਨ ਜਿਥੇ ਲੱਗਾ ਹੋਇਆ ਹੈ, ਪ੍ਰਾਪਤ ਤਾਂ ਉਹੋ ਸ਼ੈ ਹੋਣੀ ਹੈ) । ਮਨ ਨੂੰ ਸਤਿਗੁਰੂ ਦੇ ਅਧੀਨ ਕੀਤੇ ਬਿਨਾ (ਇਹ) ਸਮਝ ਨਹੀਂ ਪੈਂਦੀ ਤੇ ਹਿਰਦੇ ਵਿਚੋਂ ਅਹੰਕਾਰ ਦੂਰ ਨਹੀਂ ਹੁੰਦਾ । ਅਹੰਕਾਰੀ ਜੀਵਾਂ ਨੂੰ (ਸਦਾ) ਤ੍ਰਿਸ਼ਨਾ ਤੇ ਦੁੱਖ (ਸਤਾਉਂਦੇ ਹਨ), (ਤ੍ਰਿਸ਼ਨਾ ਦੇ ਕਾਰਨ) ਹੱਥ ਅੱਡ ਕੇ ਘਰ ਘਰ ਮੰਗਦੇ ਫਿਰਦੇ ਹਨ (ਭਾਵ, ਉਹਨਾਂ ਦੀ ਤ੍ਰਿਪਤੀ ਨਹੀਂ ਹੁੰਦੀ ਤੇ ਇਸੇ ਕਰਕੇ ਦੁਖੀ ਰਹਿੰਦੇ ਹਨ) । ਉਨ੍ਹਾਂ ਦਾ ਮੁਲੰਮਾ ਪਾਜ (ਦਿਖਾਵਾ) ਲਹਿ ਜਾਂਦਾ ਹੈ ਅਤੇ ਕੂੜ ਤੇ ਠੱਗੀ ਲੁਕੀ ਨਹੀਂ ਰਹਿ ਸਕਦੀ, (ਪਰ ਉਹਨਾਂ ਵਿਚਾਰਿਆਂ ਦੇ ਭੀ ਕੀਹ ਵੱਸ)? ਪਿਛਲੇ (ਕੀਤੇ ਚੰਗੇ ਕੰਮਾਂ ਦੇ ਅਨੁਸਾਰ ਜਿਨ੍ਹਾਂ ਦੇ ਹਿਰਦੇ ਤੇ ਭਲੇ ਸੰਸਕਾਰ) ਲਿਖੇ ਹੋਏ ਹਨ, ਉਹਨਾਂ ਨੂੰ ਪੂਰਾ ਸਤਿਗੁਰੂ ਮਿਲ ਪੈਂਦਾ ਹੈ, ਤੇ ਜਿਵੇਂ ਪਾਰਸ ਨਾਲ ਲੱਗ ਕੇ ਲੋਹਾ ਸੋਨਾ ਬਣ ਜਾਂਦਾ ਹੈ ਤਿਵੇਂ ਸੰਗਤਿ ਵਿਚ ਰਲ ਕੇ (ਉਹ ਭੀ ਚੰਗੇ ਬਣ ਜਾਂਦੇ ਹਨ) । ਹੇ ਦਾਸ ਨਾਨਕ ਦੇ ਪ੍ਰਭੂ! (ਜੀਵਾਂ ਦੇ ਹੱਥ ਕੁਝ ਨਹੀਂ) ਤੂੰ ਆਪ ਸਭ ਦਾ ਮਾਲਕ ਹੈਂ ਜਿਵੇਂ ਤੈਨੂੰ ਚੰਗਾ ਲੱਗਦਾ ਹੈ ਤਿਵੇਂ ਜੀਵਾਂ ਨੂੰ ਤੋਰਦਾ ਹੈਂ ।੨।

ਪਉੜੀ ॥ ਜਿਨ ਹਰਿ ਹਿਰਦੈ ਸੇਵਿਆ ਤਿਨ ਹਰਿ ਆਪਿ ਮਿਲਾਏ ॥ ਗੁਣ ਕੀ ਸਾਝਿ ਤਿਨ ਸਿਉ ਕਰੀ ਸਭਿ ਅਵਗਣ ਸਬਦਿ ਜਲਾਏ ॥ ਅਉਗਣ ਵਿਕਣਿ ਪਲਰੀ ਜਿਸੁ ਦੇਹਿ ਸੁ ਸਚੇ ਪਾਏ ॥ ਬਲਿਹਾਰੀ ਗੁਰ ਆਪਣੇ ਜਿਨਿ ਅਉਗਣ ਮੇਟਿ ਗੁਣ ਪਰਗਟੀਆਏ ॥ ਵਡੀ ਵਡਿਆਈ ਵਡੇ ਕੀ ਗੁਰਮੁਖਿ ਆਲਾਏ ॥੭॥ {ਪੰਨਾ 303}

ਪਦਅਰਥ:- ਵਿਕਣਿ—ਵੇਚਣ ਲਈ । ਪਲਰੀ—ਪਰਾਲੀ ਦੇ ਵੱਟੇ । (ਨੋਟ:- ਲਫ਼ਜ਼ 'ਵਿਕਣਿ' ਦਾ ਅਰਥ 'ਵਿਕਦੇ ਹਨ' ਕਰਨਾ ਗ਼ਲਤ ਹੈ; ਉਹ ਲਫ਼ਜ਼ 'ਵਿਕਨਿ' ਹੁੰਦਾ ਹੈ) । ਆਲਾਏ—ਉਚਾਰਦਾ ਹੈ ।੭।

ਅਰਥ:- ਜਿਨ੍ਹਾਂ ਜੀਵਾਂ ਨੇ ਹਿਰਦੇ ਵਿਚ ਪ੍ਰਭੂ ਦਾ ਸਿਮਰਨ ਕੀਤਾ, ਉਹਨਾਂ ਨੂੰ ਪ੍ਰਭੂ (ਆਪਣੇ ਵਿਚ) ਮਿਲਾ ਲੈਂਦਾ ਹੈ, ਉਹਨਾਂ ਨਾਲ (ਉਹਨਾਂ ਦੇ) ਗੁਣਾਂ ਦੀ ਜਿਨ੍ਹਾਂ ਨੇ ਭਿਆਲੀ ਕੀਤੀ ਹੈ, ਉਹਨਾਂ ਦੇ ਸਾਰੇ ਪਾਪ ਸ਼ਬਦ ਦੁਆਰਾ ਸਾੜੇ ਜਾਂਦੇ ਹਨ । (ਪਰ) ਹੇ ਸੱਚੇ ਪ੍ਰਭੂ! ਔਗੁਣਾਂ ਨੂੰ ਪਰਾਲੀ ਦੇ ਭਾ ਵੇਚਣ ਲਈ (ਭਾਵ, ਸਹਲੇ ਹੀ ਨਾਸ ਕਰਨ ਲਈ) ਗੁਣਾਂ ਦੀ ਇਹ ਸਾਂਝ ਉਸੇ ਨੂੰ ਮਿਲਦੀ ਹੈ ਜਿਸ ਨੂੰ ਤੂੰ ਆਪ ਦੇਂਦਾ ਹੈ । ਮੈਂ ਸਦਕੇ ਹਾਂ ਆਪਣੇ ਸਤਿਗੁਰੂ ਤੋਂ ਜਿਸ ਨੇ (ਜੀਵ ਦੇ) ਪਾਪ ਦੂਰ ਕਰ ਕੇ ਗੁਣ ਪਰਗਟ ਕੀਤੇ ਹਨ । ਜੋ ਜੀਵ ਸਤਿਗੁਰੂ ਦੇ ਸਨਮੁਖ ਹੁੰਦਾ ਹੈ, ਉਹੀ ਵੱਡੇ ਪ੍ਰਭੂ ਦੀ ਵੱਡੀ ਸਿਫ਼ਤਿ-ਸਾਲਾਹ ਕਰਨ ਲੱਗ ਪੈਂਦਾ ਹੈ ।੭।

ਸਲੋਕ ਮਃ ੪ ॥ ਸਤਿਗੁਰ ਵਿਚਿ ਵਡੀ ਵਡਿਆਈ ਜੋ ਅਨਦਿਨੁ ਹਰਿ ਹਰਿ ਨਾਮੁ ਧਿਆਵੈ ॥ ਹਰਿ ਹਰਿ ਨਾਮੁ ਰਮਤ ਸੁਚ ਸੰਜਮੁ ਹਰਿ ਨਾਮੇ ਹੀ ਤ੍ਰਿਪਤਾਵੈ ॥ ਹਰਿ ਨਾਮੁ ਤਾਣੁ ਹਰਿ ਨਾਮੁ ਦੀਬਾਣੁ ਹਰਿ ਨਾਮੋ ਰਖ ਕਰਾਵੈ ॥ ਜੋ ਚਿਤੁ ਲਾਇ ਪੂਜੇ ਗੁਰ ਮੂਰਤਿ ਸੋ ਮਨ ਇਛੇ ਫਲ ਪਾਵੈ ॥ {ਪੰਨਾ 303}

ਪਦਅਰਥ:- ਵਡਿਆਈ—ਗੁਣ । ਅਨਦਿਨੁ—ਹਰ ਰੋਜ਼ । ਰਮਤ—ਸਿਮਰਨਾ । ਤਾਣੁ—ਬਲ । ਦੀਬਾਣੁ—ਆਸਰਾ । ਰਖ—ਰੱਖਿਆ । ਗੁਰ ਮੂਰਤਿ—ਗੁਰੂ ਦਾ ਇਹ ਸਰੂਪ (ਜਿਸ ਦਾ ਜ਼ਿਕਰ ਉਪਰ ਕੀਤਾ ਗਿਆ ਹੈ) ।

ਅਰਥ:- ਸਤਿਗੁਰੂ ਵਿਚ ਇਹ ਭਾਰਾ ਗੁਣ ਹੈ ਕਿ ਉਹ ਹਰ ਰੋਜ਼ ਪ੍ਰਭੂ-ਨਾਮ ਦਾ ਸਿਮਰਨ ਕਰਦਾ ਹੈ, ਸਤਿਗੁਰੂ ਦੀ ਸੁੱਚ ਤੇ ਸੰਜਮ ਹਰਿ-ਨਾਮ ਦਾ ਜਾਪ ਹੈ ਤੇ ਉਹ ਹਰਿ-ਨਾਮ ਵਿਚ ਹੀ ਤ੍ਰਿਪਤ ਰਹਿੰਦਾ ਹੈ; ਹਰਿ ਦਾ ਨਾਮ ਹੀ ਆਸਰਾ ਤੇ ਨਾਮ ਹੀ ਸਤਿਗੁਰੂ ਲਈ ਰੱਖਿਆ ਕਰਨ ਵਾਲਾ ਹੈ । ਜੋ ਮਨੁੱਖ ਇਸ ਗੁਰ-ਮੂਰਤੀ ਦਾ ਪੂਜਨ ਚਿੱਤ ਲਾ ਕੇ ਕਰਦਾ ਹੈ (ਭਾਵ, ਜੋ ਜੀਵ ਗਹੁ ਨਾਲ ਸਤਿਗੁਰੂ ਦੇ ਉਪਰ-ਲਿਖੇ ਗੁਣਾਂ ਨੂੰ ਧਾਰਨ ਕਰਦਾ ਹੈ) ਉਸ ਨੂੰ ਉਹੀ ਫਲ ਮਿਲ ਜਾਂਦਾ ਹੈ ਜਿਸ ਦੀ ਮਨ ਵਿਚ ਇੱਛਾ ਕਰੇ ।

ਜੋ ਨਿੰਦਾ ਕਰੇ ਸਤਿਗੁਰ ਪੂਰੇ ਕੀ ਤਿਸੁ ਕਰਤਾ ਮਾਰ ਦਿਵਾਵੈ ॥ ਫੇਰਿ ਓਹ ਵੇਲਾ ਓਸੁ ਹਥਿ ਨ ਆਵੈ ਓਹੁ ਆਪਣਾ ਬੀਜਿਆ ਆਪੇ ਖਾਵੈ ॥ ਨਰਕਿ ਘੋਰਿ ਮੁਹਿ ਕਾਲੈ ਖੜਿਆ ਜਿਉ ਤਸਕਰੁ ਪਾਇ ਗਲਾਵੈ ॥ ਫਿਰਿ ਸਤਿਗੁਰ ਕੀ ਸਰਣੀ ਪਵੈ ਤਾ ਉਬਰੈ ਜਾ ਹਰਿ ਹਰਿ ਨਾਮੁ ਧਿਆਵੈ ॥ ਹਰਿ ਬਾਤਾ ਆਖਿ ਸੁਣਾਏ ਨਾਨਕੁ ਹਰਿ ਕਰਤੇ ਏਵੈ ਭਾਵੈ ॥੧॥ {ਪੰਨਾ 303}

ਪਦਅਰਥ:- ਮਾਰ—ਸਜ਼ਾ (ਨੋਟ:- ਈਰਖਾ ਦੇ ਕਾਰਨ ਹੀ ਮਨੁੱਖ ਦੂਜੇ ਦੀ ਨਿੰਦਾ ਕਰਦਾ ਹੈ ਸੋ ਨਿੰਦਾ ਕਰਨ ਵੇਲੇ ਉਹ ਈਰਖਾ ਦੀ ਅੱਗ-ਰੂਪ ਘੋਰ ਨਰਕ ਵਿਚ ਸੜ ਰਿਹਾ ਹੁੰਦਾ ਹੈ, ਤੇ ਜਿਨ੍ਹਾਂ ਦੇ ਪਾਸ ਨਿੰਦਾ ਕਰਦਾ ਹੈ ਉਹਨਾਂ ਦੀਆਂ ਨਜ਼ਰਾਂ ਵਿਚ ਭੀ ਹੌਲਾ ਪੈਂਦਾ ਹੈ । ਸੋ, ਸੜਨ ਤੇ ਮੁਕਾਲਖ ਇਹ ਦੋ ਕਿਸਮ ਦੀ ਮਾਰ ਨਿੰਦਕ ਨੂੰ ਪੈਂਦੀ ਹੈ) । ਤਸਕਰੁ—ਚੋਰ । ਗਲਾਵੈ—ਗਲ ਦੀ ਰੱਸੀ ।੧।

ਅਰਥ:- ਜੋ ਮਨੁੱਖ ਪੂਰੇ ਸਤਿਗੁਰੂ ਦੀ ਨਿੰਦਾ ਕਰਦਾ ਹੈ, ਉਸ ਨੂੰ ਪ੍ਰਭੂ ਮਾਰ ਪਵਾਉਂਦਾ ਹੈ, ਆਪਣੀ ਹੱਥੀਂ ਨਿੰਦਾ ਦਾ ਬੀਜ ਬੀਜੇ ਦਾ ਫਲ ਉਸ ਨੂੰ ਭੋਗਣਾ ਪੈਂਦਾ ਹੈ (ਤਦੋਂ ਪਛਤਾਉਂਦਾ ਹੈ, ਪਰ) ਫੇਰ ਜੋ ਵੇਲਾ (ਨਿੰਦਾ

ਕਰਨ ਵਿਚ ਬੀਤ ਗਿਆ ਹੈ) ਉਸ ਨੂੰ ਮਿਲਦਾ ਨਹੀਂ, ਤੇ ਜਿਵੇਂ ਚੋਰ ਨੂੰ ਗਲ ਵਿਚ ਰੱਸੀ ਪਾ ਕੇ ਲੈ ਜਾਈਦਾ ਹੈ ਤਿਵੇਂ ਕਾਲਾ ਮੂੰਹ ਕਰ ਕੇ (ਮਾਨੋ) ਡਰਾਉਣੇ ਨਰਕ ਵਿਚ (ਉਸ ਨੂੰ ਭੀ) ਪਾਇਆ ਜਾਂਦਾ ਹੈ ।

ਫੇਰ ਇਸ (ਨਿੰਦਾ-ਰੂਪ ਘੋਰ ਨਰਕ ਵਿਚੋਂ) ਤਾਂ ਹੀ ਬਚਦਾ ਹੈ, ਜੇ ਸਤਿਗੁਰੂ ਦੀ ਸਰਨੀ ਪੈ ਕੇ ਪ੍ਰਭੂ ਦਾ ਨਾਮ ਜਪੇ । ਨਾਨਕ ਪਰਮਾਤਮਾ (ਦੇ ਦਰ) ਦੀਆਂ ਗੱਲਾਂ ਆਖ ਕੇ ਸੁਣਾ ਰਿਹਾ ਹੈ; ਪਰਮਾਤਮਾ ਨੂੰ ਇਉਂ ਹੀ ਭਾਉਂਦਾ ਹੈ (ਕਿ ਨਿੰਦਕ ਈਰਖਾ ਦੇ ਨਰਕ ਵਿਚ ਆਪੇ ਹੀ ਪਿਆ ਸੜੇ) ।੧।

ਮਃ ੪ ॥ ਪੂਰੇ ਗੁਰ ਕਾ ਹੁਕਮੁ ਨ ਮੰਨੈ ਓਹੁ ਮਨਮੁਖੁ ਅਗਿਆਨੁ ਮੁਠਾ ਬਿਖੁ ਮਾਇਆ ॥ ਓਸੁ ਅੰਦਰਿ ਕੂੜੁ ਕੂੜੋ ਕਰਿ ਬੁਝੈ ਅਣਹੋਦੇ ਝਗੜੇ ਦਯਿ ਓਸ ਦੈ ਗਲਿ ਪਾਇਆ ॥ ਓਹੁ ਗਲ ਫਰੋਸੀ ਕਰੇ ਬਹੁਤੇਰੀ ਓਸ ਦਾ ਬੋਲਿਆ ਕਿਸੈ ਨ ਭਾਇਆ ॥ ਓਹੁ ਘਰਿ ਘਰਿ ਹੰਢੈ ਜਿਉ ਰੰਨ ਦੋੁਹਾਗਣਿ ਓਸੁ ਨਾਲਿ ਮੁਹੁ ਜੋੜੇ ਓਸੁ ਭੀ ਲਛਣੁ ਲਾਇਆ ॥ {ਪੰਨਾ 303}

ਪਦਅਰਥ:- ਬਿਖੁ—ਜ਼ਹਿਰ । ਅਣਹੋਦੇ—ਜਿਨ੍ਹਾਂ ਦੀ ਕੋਈ ਹੋਂਦ ਨਹੀਂ, ਨਿਕੰਮੇ । ਦਯੁ—ਖਸਮ । ਦਯਿ—ਖਸਮ ਨੇ । ਗਲਿ—ਗਲ ਵਿਚ । ਗਲ ਫਰੋਸੀ—ਗੱਲਾਂ ਵੇਚਣੀਆਂ, ਗੱਲਾਂ ਦੀ ਖੱਟੀ ਖਾਣੀ । ਦੋੁਹਾਗਣਿ—(ਅੱਖਰ 'ਦ' ਦੇ ਨਾਲ (ੁ) ਪੜ੍ਹਨਾ ਹੈ, ਅਸਲ ਲਫ਼ਜ਼ 'ਦੋਹਾਗਣਿ' ਹੈ) । ਲਛਣੁ—ਕਲੰਕ ।

ਅਰਥ:- ਜੋ ਮਨੁੱਖ ਪੂਰੇ ਸਤਿਗੁਰੂ ਦਾ ਹੁਕਮ ਨਹੀਂ ਮੰਨਦਾ, ਓਹ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਬੇ-ਸਮਝ ਬੰਦਾ ਮਾਇਆ (ਰੂਪ ਜ਼ਹਿਰ) ਦਾ ਠੱਗਿਆ (ਹੋਇਆ ਹੈ,) ਉਸ ਦੇ ਮਨ ਵਿਚ ਝੂਠ ਹੈ (ਸੱਚ ਨੂੰ ਭੀ ਉਹ) ਝੂਠ ਹੀ ਸਮਝਦਾ ਹੈ, ਇਸ ਵਾਸਤੇ ਖਸਮ ਨੇ (ਝੂਠ ਬੋਲਣ ਤੋਂ ਪੈਦਾ ਹੋਏ) ਵਿਅਰਥ ਝਗੜੇ ਉਸ ਦੇ ਗਲ ਪਾ ਦਿੱਤੇ ਹਨ, ਊਲ-ਜਲੂਲ ਬੋਲ ਕੇ ਰੋਟੀ ਕਮਾਉਣ ਦੇ ਉਹ ਬਥੇਰੇ ਜਤਨ ਕਰਦਾ ਹੈ, ਪਰ ਉਸ ਦੇ ਬਚਨ ਕਿਸੇ ਨੂੰ ਚੰਗੇ ਨਹੀਂ ਲੱਗਦੇ; ਛੁੱਟੜ ਰੰਨ ਵਾਂਙ ਉਹ ਘਰ ਘਰ ਫਿਰਦਾ ਹੈ, ਜੋ ਮਨੁੱਖ ਉਸ ਨਾਲ ਮੇਲ-ਮੁਲਾਕਾਤ ਰੱਖਦਾ ਹੈ ਉਸ ਨੂੰ ਭੀ ਕਲੰਕ ਲੱਗ ਜਾਂਦਾ ਹੈ ।

ਗੁਰਮੁਖਿ ਹੋਇ ਸੁ ਅਲਿਪਤੋ ਵਰਤੈ ਓਸ ਦਾ ਪਾਸੁ ਛਡਿ ਗੁਰ ਪਾਸਿ ਬਹਿ ਜਾਇਆ ॥ ਜੋ ਗੁਰੁ ਗੋਪੇ ਆਪਣਾ ਸੁ ਭਲਾ ਨਾਹੀ ਪੰਚਹੁ ਓਨਿ ਲਾਹਾ ਮੂਲੁ ਸਭੁ ਗਵਾਇਆ ॥ {ਪੰਨਾ 303-304}

ਪਦਅਰਥ:- ਅਲਿਪਤੋ—ਵੱਖਰਾ, ਨਿਰਾਲਾ । ਪਾਸੁ—ਪਾਸਾ, ਸਾਥ । ਗੋਪੇ—ਨਿੰਦਾ ਕਰਦਾ ਹੈ । ਓਨਿ—ਉਸ ਨੇ । ਲਾਹਾ—ਖੱਟੀ ।

ਅਰਥ:- ਜੋ ਮਨੁੱਖ ਸਤਿਗੁਰੂ ਦੇ ਸਨਮੁਖ ਹੁੰਦਾ ਹੈ ਉਹ ਮਨਮੁਖ ਤੋਂ ਵੱਖਰਾ ਰਹਿੰਦਾ ਹੈ, ਮਨਮੁਖ ਦਾ ਸਾਥ ਛੱਡ ਕੇ ਸਤਿਗੁਰੂ ਦੀ ਸੰਗਤ ਕਰਦਾ ਹੈ । ਹੇ ਸੰਤ ਜਨੋਂ! (ਮੁਕਦੀ ਗੱਲ ਇਹ ਹੈ ਕਿ) ਜੋ ਮਨੁੱਖ ਆਪਣੇ ਸਤਿਗੁਰੂ ਦੀ ਨਿੰਦਾ ਕਰਦਾ ਹੈ, ਉਹ ਚੰਗਾ ਨਹੀਂ, (ਮਨੁੱਖਾ ਜਨਮ ਵਿਚ) ਜੋ ਖੱਟਣਾ ਸੀ ਉਹ ਭੀ ਗਵਾ ਲੈਂਦਾ ਹੈ ਤੇ (ਮਨੁੱਖ-ਜਨਮ-ਰੂਪ) ਮੂਲ ਭੀ ਗਵਾ ਲੈਂਦਾ ਹੈ ।

ਪਹਿਲਾ ਆਗਮੁ ਨਿਗਮੁ ਨਾਨਕੁ ਆਖਿ ਸੁਣਾਏ ਪੂਰੇ ਗੁਰ ਕਾ ਬਚਨੁ ਉਪਰਿ ਆਇਆ ॥ ਗੁਰਸਿਖਾ ਵਡਿਆਈ ਭਾਵੈ ਗੁਰ ਪੂਰੇ ਕੀ ਮਨਮੁਖਾ ਓਹ ਵੇਲਾ ਹਥਿ ਨ ਆਇਆ ॥੨॥ {ਪੰਨਾ 304}

ਪਦਅਰਥ:- ਆਗਮੁ—ਸ਼ਾਸਤ੍ਰ । ਨਿਗਮੁ—ਵੇਦ । ਉਪਰਿ ਆਇਆ—(ਸਭ ਤੋਂ ਵਧੀਕ) ਪ੍ਰਮਾਣਿਕ ਹੈ । ਹਥਿ ਨ ਆਵੈ—ਨਹੀਂ ਮਿਲਦਾ ।੨।

ਅਰਥ:- ਨਾਨਕ ਆਖ ਕੇ ਸੁਣਾਉਂਦਾ ਹੈ (ਭਾਵ, ਨਾਨਕ ਇਸ ਗੱਲ ਤੇ ਜ਼ੋਰ ਦੇ ਕੇ ਆਖਦਾ ਹੈ ਕਿ) (ਗੁਰਸਿੱਖ ਲਈ ਇਹ) ਪਹਿਲਾ ਆਗਮ ਨਿਗਮ ਹੈ (ਇਹੋ ਹੀ ਹੈ ਵੇਦ ਸ਼ਾਸਤ੍ਰਾਂ ਦਾ ਉੱਤਮ ਸਿੱਧਾਂਤ ਕਿ) ਪੂਰੇ ਸਤਿਗੁਰੂ ਦਾ ਬਚਨ (ਸਭ ਤੋਂ) ਵਧੀਕ ਪ੍ਰਮਾਣੀਕ ਹੈ । (ਇਸ ਵਾਸਤੇ) ਗੁਰਸਿੱਖਾਂ ਨੂੰ ਪੂਰੇ ਸਤਿਗੁਰੂ ਦੀ ਵਡਿਆਈ ਚੰਗੀ ਲੱਗਦੀ ਹੈ (ਪਰ) ਮਨਮੁਖਾਂ ਨੂੰ ਗੁਰੂ ਦੀ ਵਡਿਆਈ ਸਮਝਣ ਦਾ ਉਹ ਸਮਾਂ ਹੱਥ ਨਹੀਂ ਆਉਂਦਾ ।੨।

ਪਉੜੀ ॥ ਸਚੁ ਸਚਾ ਸਭ ਦੂ ਵਡਾ ਹੈ ਸੋ ਲਏ ਜਿਸੁ ਸਤਿਗੁਰੁ ਟਿਕੇ ॥ ਸੋ ਸਤਿਗੁਰੁ ਜਿ ਸਚੁ ਧਿਆਇਦਾ ਸਚੁ ਸਚਾ ਸਤਿਗੁਰੁ ਇਕੇ ॥ ਸੋਈ ਸਤਿਗੁਰੁ ਪੁਰਖੁ ਹੈ ਜਿਨਿ ਪੰਜੇ ਦੂਤ ਕੀਤੇ ਵਸਿ ਛਿਕੇ ॥ ਜਿ ਬਿਨੁ ਸਤਿਗੁਰ ਸੇਵੇ ਆਪੁ ਗਣਾਇਦੇ ਤਿਨ ਅੰਦਰਿ ਕੂੜੁ ਫਿਟੁ ਫਿਟੁ ਮੁਹ ਫਿਕੇ ॥ ਓਇ ਬੋਲੇ ਕਿਸੈ ਨ ਭਾਵਨੀ ਮੁਹ ਕਾਲੇ ਸਤਿਗੁਰ ਤੇ ਚੁਕੇ ॥੮॥ {ਪੰਨਾ 304}

ਪਦਅਰਥ:- ਟਿਕੇ—ਟਿੱਕੇ, ਤਿਲਕ ਦੇਂਦਾ ਹੈ, ਅਸੀਸ ਦੇਂਦਾ ਹੈ, ਮਿਹਰ ਦੀ ਨਜ਼ਰ ਕਰਦਾ ਹੈ । (ਨੋਟ:- 'ਟਿੱਕੇ' ਦਾ ਅਰਥ ਗੱਦੀ ਦੇਣਾ ਗ਼ਲਤ ਹੈ । ਗੱਦੀ ਤਾਂ ਗੁਰੂ ਗੋਬਿੰਦ ਸਿੰਘ ਜੀ ਤੋਂ ਪਿਛੋਂ ਕਿਸੇ ਮਨੁੱਖ ਨੂੰ ਨਹੀਂ ਮਿਲੀ । ਕੀ 'ਗੁਰੂ' ਬਣਨ ਤੋਂ ਬਿਨਾ ਕਿਸੇ ਹੋਰ ਨੂੰ ਪਰਮਾਤਮਾ ਨਹੀਂ ਮਿਲ ਸਕਦਾ?) ੮।

ਅਰਥ:- ਸਦਾ-ਥਿਰ ਰਹਿਣ ਵਾਲਾ ਜੋ ਸੱਚਾ ਪ੍ਰਭੂ ਸਭ ਤੋਂ ਵੱਡਾ ਹੈ, ਉਸ ਮਨੁੱਖ ਨੂੰ ਮਿਲਦਾ ਹੈ ਜਿਸ ਨੂੰ ਸਤਿਗੁਰੂ ਤਿਲਕ ਦੇਵੇ (ਭਾਵ, ਅਸੀਸ ਦੇਵੇ) । ਸਤਿਗੁਰੂ ਭੀ ਉਹੀ ਹੈ ਜੋ ਸਦਾ ਸੱਚੇ ਪ੍ਰਭੂ ਨੂੰ ਚੇਤੇ ਰੱਖਦਾ ਹੈ (ਅਤੇ ਇਸ ਤਰ੍ਹਾਂ) ਸੱਚਾ ਪ੍ਰਭੂ ਤੇ ਸਤਿਗੁਰੂ ਇੱਕ-ਰੂਪ (ਹੋ ਗਏ ਹਨ,) ਜਿਸ ਨੇ (ਕਾਮਾਦਿਕ) ਪੰਜੇ ਵੈਰੀ ਖਿੱਚ ਕੇ ਵੱਸ ਕਰ ਲਏ ਹਨ । ਜੋ ਮਨੁੱਖ ਸਤਿਗੁਰੂ ਦੀ ਸੇਵਾ ਤੋਂ ਵਾਂਜੇ ਰਹਿੰਦੇ ਹਨ ਤੇ ਆਪਣੇ ਆਪ ਨੂੰ ਵੱਡਾ ਅਖਵਾਉਂਦੇ ਹਨ, ਉਹਨਾਂ ਦੇ ਹਿਰਦੇ ਵਿਚ ਝੂਠ ਹੁੰਦਾ ਹੈ (ਇਸ ਕਰਕੇ ਉਹਨਾਂ ਦਾ) ਮੂੰਹ ਫਿੱਕਾ (ਰਹਿੰਦਾ ਹੈ, ਭਾਵ, ਉਹਨਾਂ ਦੇ ਮੂੰਹ ਤੇ ਨਾਮ ਦੀ ਲਾਲੀ ਨਹੀਂ ਹੁੰਦੀ ਤੇ) ਉਹਨਾਂ ਨੂੰ ਸਦਾ ਫਿਟਕਾਰ ਪੈਂਦੀ ਹੈ; ਕਿਸੇ ਨੂੰ ਉਹਨਾਂ ਦੇ ਬਚਨ ਹੱਛੇ ਨਹੀਂ ਲੱਗਦੇ (ਅੰਦਰ ਕੂੜ ਹੋਣ ਕਰਕੇ) ਉਹਨਾਂ ਦੇ ਮੂੰਹ ਭੀ ਭਰਿਸ਼ਟੇ ਹੋਏ ਹੁੰਦੇ ਹਨ (ਕਿਉਂਕਿ) ਉਹ ਸਤਿਗੁਰ ਤੋਂ ਭੁੱਲੇ ਹੋਏ ਹਨ ।੮।

ਸਲੋਕ ਮਃ ੪ ॥ ਹਰਿ ਪ੍ਰਭ ਕਾ ਸਭੁ ਖੇਤੁ ਹੈ ਹਰਿ ਆਪਿ ਕਿਰਸਾਣੀ ਲਾਇਆ ॥ ਗੁਰਮੁਖਿ ਬਖਸਿ ਜਮਾਈਅਨੁ ਮਨਮੁਖੀ ਮੂਲੁ ਗਵਾਇਆ ॥ {ਪੰਨਾ 304}

ਪਦਅਰਥ:- ਕਿਰਸਾਣੀ—ਵਾਹੀ । ਬਖਸਿ—ਬਖ਼ਸ਼ ਕੇ, ਮਿਹਰ ਕਰ ਕੇ । ਜਮਾਈਅਨੁ—ਜਮਾ ਦਿੱਤੀ ਹੈ ਉਸ ਨੇ, ਉਗਾ ਦਿੱਤੀ ਹੈ ਉਸ ਨੇ ।

ਅਰਥ:- ਸਾਰਾ ਸੰਸਾਰ ਪ੍ਰਭੂ ਦੀ (ਮਾਨੋ) ਪੈਲੀ ਹੈ (ਜਿਸ ਵਿਚ) ਪ੍ਰਭੂ ਨੇ (ਜੀਵਾਂ ਨੂੰ) ਵਾਹੀ ਦੇ ਕੰਮ ਵਿਚ ਜੋੜਿਆ ਹੈ (ਭਾਵ, ਨਾਮ ਜਪਣ ਲਈ ਭੇਜਿਆ ਹੋਇਆ ਹੈ) । ਜੋ ਮਨੁੱਖ ਸਤਿਗੁਰੂ ਦੇ ਸਨਮੁਖ ਰਹਿੰਦੇ ਹਨ, ਉਹਨਾਂ ਦੀ (ਖੇਤੀ) ਪ੍ਰਭੂ ਨੇ ਮਿਹਰ ਕਰ ਕੇ ਉਗਾ ਦਿੱਤੀ ਹੈ, (ਪਰ) ਜੋ ਮਨੁੱਖ ਮਨ ਦੇ ਪਿਛੇ ਭੁੱਲੇ ਰਹੇ, ਉਹਨਾਂ ਮੂਲ ਭੀ ਗਵਾ ਲਿਆ (ਭਾਵ, ਮਨੁੱਖਾ ਜਨਮ ਹੱਥੋਂ ਖੋਹ ਲਿਆ) ।

ਸਭੁ ਕੋ ਬੀਜੇ ਆਪਣੇ ਭਲੇ ਨੋ ਹਰਿ ਭਾਵੈ ਸੋ ਖੇਤੁ ਜਮਾਇਆ ॥ ਗੁਰਸਿਖੀ ਹਰਿ ਅੰਮ੍ਰਿਤੁ ਬੀਜਿਆ ਹਰਿ ਅੰਮ੍ਰਿਤ ਨਾਮੁ ਫਲੁ ਅੰਮ੍ਰਿਤੁ ਪਾਇਆ ॥ {ਪੰਨਾ 304}

ਪਦਅਰਥ:- ਸਭੁ ਕੋ—ਹਰੇਕ ਜੀਵ । ਭਾਵੈ—ਚੰਗਾ ਲੱਗੇ ।

ਅਰਥ:- (ਆਪਣੇ ਵਲੋਂ) ਹਰ ਕੋਈ ਆਪਣੇ ਭਲੇ ਲਈ ਬੀਜਦਾ ਹੈ (ਪਰ) ਉਹੀ ਖੇਤ ਚੰਗਾ ਉੱਗਦਾ ਹੈ (ਭਾਵ, ਉਹੀ ਕਮਾਈ ਸਫਲ ਹੁੰਦੀ ਹੈ) ਜੋ ਪ੍ਰਭੂ ਨੂੰ ਚੰਗਾ ਲੱਗਦਾ ਹੈ । (ਇਸ ਕਰਕੇ ਹਰੀ ਦੀ ਪ੍ਰਸੰਨਤਾ ਲਈ) ਸਤਿਗੁਰੂ ਦੇ ਸਿੱਖ ਅਮਰ ਕਰਨ ਵਾਲੇ ਪ੍ਰਭੂ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਬੀਜਦੇ ਹਨ ਤੇ ਉਹਨਾਂ ਨੂੰ ਹਰਿਨਾਮ-ਰੂਪ ਅੰਮ੍ਰਿਤ ਫਲ ਦੀ ਪ੍ਰਾਪਤੀ ਹੋ ਜਾਂਦੀ ਹੈ ।

ਜਮੁ ਚੂਹਾ ਕਿਰਸ ਨਿਤ ਕੁਰਕਦਾ ਹਰਿ ਕਰਤੈ ਮਾਰਿ ਕਢਾਇਆ ॥ ਕਿਰਸਾਣੀ ਜੰਮੀ ਭਾਉ ਕਰਿ ਹਰਿ ਬੋਹਲ ਬਖਸ ਜਮਾਇਆ ॥ {ਪੰਨਾ 304}

ਪਦਅਰਥ:- ਕਿਰਸ—ਫ਼ਸਲ, ਖੇਤੀ । ਕੁਰਕਦਾ—ਟੁੱਕਦਾ, ਕੁਤਰਦਾ । ਕਿਰਸਾਣੀ—ਫ਼ਸਲ । ਭਾਉ ਕਰਿ—ਪ੍ਰੇਮ ਕਰ ਕੇ, ਫੱਬ ਕੇ । ਬਖਸ—ਬਖ਼ਸ਼ਸ਼ ।

ਅਰਥ:- (ਮਨਮੁਖਾਂ ਦੀ) ਕਿਰਸਾਣੀ ਨੂੰ ਜੋ ਜਮ (ਰੂਪ) ਚੂਹਾ ਸਦਾ ਟੁੱਕੀ ਜਾਂਦਾ ਹੈ ਗੁਰਸਿੱਖਾਂ ਦਾ ਉਹ ਕੋਈ ਵਿਗਾੜ ਨਹੀਂ ਕਰ ਸਕਦਾ, (ਕਿਉਂਕਿ) ਸਿਰਜਣਹਾਰ ਪ੍ਰਭੂ ਨੇ ਮਾਰ ਕੇ ਉਸ ਨੂੰ ਕੱਢ ਦਿੱਤਾ ਹੈ (ਭਾਵ, ਗੁਰਸਿੱਖਾਂ ਦੇ ਹਿਰਦੇ ਵਿਚ ਮਾਇਆ ਵਾਲਾ ਪ੍ਰਭਾਵ ਹੀ ਨਹੀਂ ਰਹਿਣ ਦਿੱਤਾ), (ਇਸ ਵਾਸਤੇ ਉਹਨਾਂ ਦੀ) ਫ਼ਸਲ ਪ੍ਰੇਮ ਨਾਲ (ਭਾਵ, ਚੰਗੀ ਫੱਬ ਕੇ) ਉੱਗਦੀ ਹੈ ਤੇ ਪ੍ਰਭੂ ਦੀ ਮਿਹਰ-ਰੂਪੀ ਬੋਹਲ ਦਾ ਢੇਰ ਲੱਗ ਜਾਂਦਾ ਹੈ ।

ਤਿਨ ਕਾ ਕਾੜਾ ਅੰਦੇਸਾ ਸਭੁ ਲਾਹਿਓਨੁ ਜਿਨੀ ਸਤਿਗੁਰੁ ਪੁਰਖੁ ਧਿਆਇਆ ॥ ਜਨ ਨਾਨਕ ਨਾਮੁ ਅਰਾਧਿਆ ਆਪਿ ਤਰਿਆ ਸਭੁ ਜਗਤੁ ਤਰਾਇਆ ॥੧॥ {ਪੰਨਾ 304}

ਪਦਅਰਥ:- ਲਾਹਿਓਨੁ—ਲਾਹ ਦਿੱਤਾ ਹੈ ਉਸ (ਪ੍ਰਭੂ) ਨੇ ।੧।

ਅਰਥ:- ਜੇਹੜੇ ਮਨੁੱਖ ਸਤਿਗੁਰ ਪੁਰਖ ਦਾ ਧਿਆਨ ਧਰਦੇ ਹਨ, ਪ੍ਰਭੂ ਨੇ ਉਹਨਾਂ ਦਾ ਸਾਰਾ ਝੋਰਾ ਤੇ ਚਿੰਤਾ ਲਾਹ ਦਿੱਤਾ ਹੈ । ਹੇ ਦਾਸ ਨਾਨਕ! ਜੋ ਮਨੁੱਖ ਪ੍ਰਭੂ-ਨਾਮ ਦਾ ਸਿਮਰਨ ਕਰਦਾ ਹੈ, ਉਹ ਆਪ (ਇਸ ਕਾੜੇ ਅੰਦੇਸੇ-ਭਰੇ ਸਮੁੰਦਰ ਵਿਚੋਂ) ਤਰ ਜਾਂਦਾ ਹੈ ਤੇ ਸਾਰੇ ਸੰਸਾਰ ਨੂੰ ਤਾਰ ਲੈਂਦਾ ਹੈ ।੧।

ਮਃ ੪ ॥ ਸਾਰਾ ਦਿਨੁ ਲਾਲਚਿ ਅਟਿਆ ਮਨਮੁਖਿ ਹੋਰੇ ਗਲਾ ॥ ਰਾਤੀ ਊਘੈ ਦਬਿਆ ਨਵੇ ਸੋਤ ਸਭਿ ਢਿਲਾ ॥ ਮਨਮੁਖਾ ਦੈ ਸਿਰਿ ਜੋਰਾ ਅਮਰੁ ਹੈ ਨਿਤ ਦੇਵਹਿ ਭਲਾ ॥ ਜੋਰਾ ਦਾ ਆਖਿਆ ਪੁਰਖ ਕਮਾਵਦੇ ਸੇ ਅਪਵਿਤ ਅਮੇਧ ਖਲਾ ॥ ਕਾਮਿ ਵਿਆਪੇ ਕੁਸੁਧ ਨਰ ਸੇ ਜੋਰਾ ਪੁਛਿ ਚਲਾ ॥ {ਪੰਨਾ 304}

ਪਦਅਰਥ:- ਲਾਲਚਿ—ਲਾਲਚ ਵਿਚ । ਅਟਿਆ—ਅੱਟਿਆ, ਲਿਬੜਿਆ ਹੋਇਆ । ਊਘੈ—ਨੀਂਦਰ ਵਿਚ । ਸੋਤ—ਇੰਦਰੇ । ਸਿਰਿ—ਸਿਰ ਉਤੇ । ਜੋਰਾ—ਇਸਤ੍ਰੀਆਂ । ਅਮਰੁ—ਹੁਕਮ । ਭਲਾ—ਚੰਗੀਆਂ ਚੀਜ਼ਾਂ । ਅਮੇਧ—ਮਤਿ-ਹੀਨ । ਖਲ—ਮੂਰਖ । ਕੁਸੁਧ—ਖੋਟੇ ।

ਅਰਥ:- ਮਨ ਦੇ ਅਧੀਨ ਹੋਇਆ ਮਨੁੱਖ ਸਾਰਾ ਦਿਨ ਲਾਲਚ ਵਿਚ ਲਿੱਬੜਿਆ ਹੋਇਆ (ਨਾਮ ਤੋਂ ਛੁਟ) ਹੋਰ ਹੋਰ ਗੱਲਾਂ ਕਰਦਾ ਫਿਰਦਾ ਹੈ । (ਦਿਨ ਦੀ ਕਿਰਤ-ਕਾਰ ਕਰ ਕੇ ਥੱਕਿਆ ਹੋਇਆ) ਰਾਤ ਨੂੰ ਨੀਂਦਰ ਵਿਚ ਘੁੱਟਿਆ ਜਾਂਦਾ ਹੈ, ਉਸ ਦੇ ਸਾਰੇ ਨੌ ਹੀ ਇੰਦਰੇ ਢਿੱਲੇ ਹੋ ਜਾਂਦੇ ਹਨ । (ਇਹੋ ਜਿਹੇ) ਮਨਮੁਖਾਂ ਦੇ ਸਿਰ ਤੇ ਇਸਤ੍ਰੀਆਂ ਦਾ ਹੁਕਮ ਹੁੰਦਾ ਹੈ, ਤੇ ਉਹ ਉਹਨਾਂ ਨੂੰ (ਹੀ) ਸਦਾ ਚੰਗੇ ਚੰਗੇ ਪਦਾਰਥ ਲਿਆ ਕੇ ਦੇਂਦੇ ਹਨ । ਜੋ ਮਨੁੱਖ ਇਸਤ੍ਰੀਆਂ ਦੇ ਕਹੇ ਵਿਚ ਟੁਰਦੇ ਹਨ (ਭਾਵ, ਆਪਣਾ ਵਜ਼ੀਰ ਜਾਣ ਕੇ ਸਲਾਹ ਨਹੀ ਲੈਂਦੇ, ਸਗੋਂ ਨਿਰੋਲ ਜੋ ਇਸਤ੍ਰੀਆਂ ਆਖਣ ਉਹੀ ਕਰਦੇ ਹਨ), ਉਹ (ਆਮ ਤੌਰ ਤੇ) ਮਲੀਨ-ਮਤਿ ਬੁਧ-ਹੀਨ ਤੇ ਮੂਰਖ ਹੁੰਦੇ ਹਨ, (ਕਿਉਂਕਿ) ਜੋ ਵਿਸ਼ੇ ਦੇ ਮਾਰੇ ਹੋਏ ਗੰਦੇ ਆਚਰਨ ਵਾਲੇ ਹੁੰਦੇ ਹਨ, ਉਹੋ ਹੀ ਇਸਤ੍ਰੀਆਂ ਦੇ ਕਹੇ ਵਿਚ ਹੀ ਤੁਰਦੇ ਹਨ ।

ਸਤਿਗੁਰ ਕੈ ਆਖਿਐ ਜੋ ਚਲੈ ਸੋ ਸਤਿ ਪੁਰਖੁ ਭਲ ਭਲਾ ॥ {ਪੰਨਾ 304}

ਪਦਅਰਥ:- ਆਖਿਐ—ਆਖੇ ਅਨੁਸਾਰ । {ਨੋਟ:- ਲਫ਼ਜ਼ 'ਆਖੀਐ' ਅਤੇ 'ਆਖਿਐ' ਵਿਚ ਦਾ ਫ਼ਰਕ ਚੇਤੇ ਰੱਖਣ-ਜੋਗ ਹੈ} । ਭਲ ਭਲਾ—ਭਲਿਆਂ ਤੋਂ ਭਲਾ ।

ਅਰਥ:- ਸੱਚਾ ਤੇ ਚੰਗੇ ਤੋਂ ਚੰਗਾ ਮਨੁੱਖ ਉਹ ਹੈ, ਜੋ ਸਤਿਗੁਰੂ ਦੇ ਹੁਕਮ ਵਿਚ ਚਲਦਾ ਹੈ ।

ਜੋਰਾ ਪੁਰਖ ਸਭਿ ਆਪਿ ਉਪਾਇਅਨੁ ਹਰਿ ਖੇਲ ਸਭਿ ਖਿਲਾ ॥ ਸਭ ਤੇਰੀ ਬਣਤ ਬਣਾਵਣੀ ਨਾਨਕ ਭਲ ਭਲਾ ॥੨॥ {ਪੰਨਾ 304}

ਪਦਅਰਥ:- ਉਪਾਇਅਨੁ—ਉਪਾਏ ਉਸ (ਪ੍ਰਭੂ) ਨੇ । ਸਭਿ ਖੇਲ—ਸਾਰੇ ਕੌਤਕ । ਖਿਲਾ—ਖੇਡੇ ਹਨ ।੨।

ਅਰਥ:- (ਪਰ, ਇਸਤ੍ਰੀ ਜਾਂ ਮਨਮੁਖ ਮਨੁੱਖ ਦੇ ਕੀਹ ਇਖ਼ਤਿਆਰ? ਸਭ ਇਸਤ੍ਰੀਆਂ ਤੇ ਮਨੁੱਖ ਪ੍ਰਭੂ ਨੇ ਆਪ ਪੈਦਾ ਕੀਤੇ ਹਨ । ਹੇ ਨਾਨਕ! (ਆਖ ਕਿ) ਹੇ ਪ੍ਰਭੂ! (ਸੰਸਾਰ ਦੀ) ਇਹ ਸਾਰੀ ਬਣਤ ਤੇਰੀ ਬਣਾਈ ਹੋਈ ਹੈ, ਜੋ ਕੁੱਝ ਤੂੰ ਕੀਤਾ ਹੈ ਸਭ ਭਲਾ ਹੈ ।੨।

ਪਉੜੀ ॥ ਤੂ ਵੇਪਰਵਾਹੁ ਅਥਾਹੁ ਹੈ ਅਤੁਲੁ ਕਿਉ ਤੁਲੀਐ ॥ ਸੇ ਵਡਭਾਗੀ ਜਿ ਤੁਧੁ ਧਿਆਇਦੇ ਜਿਨ ਸਤਿਗੁਰੁ ਮਿਲੀਐ ॥ ਸਤਿਗੁਰ ਕੀ ਬਾਣੀ ਸਤਿ ਸਰੂਪੁ ਹੈ ਗੁਰਬਾਣੀ ਬਣੀਐ ॥ ਸਤਿਗੁਰ ਕੀ ਰੀਸੈ ਹੋਰਿ ਕਚੁ ਪਿਚੁ ਬੋਲਦੇ ਸੇ ਕੂੜਿਆਰ ਕੂੜੇ ਝੜਿ ਪੜੀਐ ॥ ਓਨ੍ਾ ਅੰਦਰਿ ਹੋਰੁ ਮੁਖਿ ਹੋਰੁ ਹੈ ਬਿਖੁ ਮਾਇਆ ਨੋ ਝਖਿ ਮਰਦੇ ਕੜੀਐ ॥੯॥ {ਪੰਨਾ 304}

ਪਦਅਰਥ:- ਬਣੀਐ—ਬਣ ਜਾਈਦਾ ਹੈ । ਹੋਰਿ—ਕਈ ਹੋਰ ਮਨੁੱਖ । ਕੂੜਿਆਰ—ਕੂੜ ਦੇ ਵਪਾਰੀ । ਝੜਿ ਪੜੀਐ—ਰਹਿ ਜਾਂਦੇ ਹਨ । {ਨੋਟ:- ਲਫ਼ਜ਼ 'ਹੋਰਿ' ਤੇ 'ਹੋਰੁ ਦਾ ਫ਼ਰਕ ਵੇਖਣ-ਜੋਗ ਹੈ} ।੯।

ਅਰਥ:- ਹੇ ਪ੍ਰਭੂ! ਤੈਨੂੰ ਕਿਵੇਂ ਤੋਲੀਏ? ਤੂੰ ਵੇਪਰਵਾਹ, ਅਥਾਹ ਤੇ ਅਤੋਲ ਹੈਂ । ਜਿਨ੍ਹਾਂ ਨੂੰ ਸਤਿਗੁਰੂ ਮਿਲਦਾ ਹੈ ਤੇ ਜੇਹੜੇ ਤੇਰਾ ਸਿਮਰਨ ਕਰਦੇ ਹਨ, ਉਹ ਵੱਡੇ ਭਾਗਾਂ ਵਾਲੇ ਹਨ । ਸਤਿਗੁਰੂ ਦੀ ਬਾਣੀ ਸੱਚੇ ਪ੍ਰਭੂ ਦਾ ਸਰੂਪ ਹੈ (ਕਿਉਂਕਿ ਇਹ ਨਿਰੋਲ ਸੱਚੇ ਪ੍ਰਭੂ ਦੀ ਸਿਫ਼ਤਿ-ਸਾਲਾਹ ਹੈ) ਤੇ ਸਤਿਗੁਰੂ ਦੀ ਬਾਣੀ ਰਾਹੀਂ (ਸਤਿ ਸਰੂਪ) ਬਣ ਜਾਈਦਾ ਹੈ (ਭਾਵ ਜੋ ਨਾਮ ਜਪਦਾ ਹੈ ਉਹ ਨਾਮ ਵਿਚ ਸਮਾ ਜਾਂਦਾ ਹੈ) । ਕਈ ਹੋਰ ਕੂੜ ਦੇ ਵਪਾਰੀ ਸਤਿਗੁਰੂ ਦੀ ਰੀਸ ਕਰ ਕੇ ਕੱਚੀ-ਪਿੱਲੀ ਬਾਣੀ ਉਚਾਰਦੇ ਹਨ, ਪਰ ਉਹ (ਹਿਰਦੇ ਵਿਚ) ਕੂੜ ਹੋਣ ਕਰਕੇ ਝੜ ਪੈਂਦੇ ਹਨ (ਭਾਵ, ਸਤਿਗੁਰੂ ਦੀ ਬਰਾਬਰੀ ਨਹੀਂ ਕਰ ਸਕਦੇ, ਤੇ ਉਹਨਾਂ ਦਾ ਪਾਜ ਖੁੱਲ੍ਹ ਜਾਂਦਾ ਹੈ),

ਉਹਨਾਂ ਦੇ ਹਿਰਦੇ ਵਿਚ ਕੁੱਝ ਹੋਰ ਹੁੰਦਾ ਹੈ ਤੇ ਮੂੰਹ ਵਿਚ ਹੋਰ, ਉਹ ਵਿਹੁ-ਮਾਇਆ ਨੂੰ ਇਕੱਤਰ ਕਰਨ ਲਈ ਝੁਰਦੇ ਹਨ ਤੇ ਖਪ ਖਪ ਮਰਦੇ ਹਨ ।੯।

ਸਲੋਕ ਮਃ ੪ ॥ ਸਤਿਗੁਰ ਕੀ ਸੇਵਾ ਨਿਰਮਲੀ ਨਿਰਮਲ ਜਨੁ ਹੋਇ ਸੁ ਸੇਵਾ ਘਾਲੇ ॥ ਜਿਨ ਅੰਦਰਿ ਕਪਟੁ ਵਿਕਾਰੁ ਝੂਠੁ ਓਇ ਆਪੇ ਸਚੈ ਵਖਿ ਕਢੇ ਜਜਮਾਲੇ ॥ ਸਚਿਆਰ ਸਿਖ ਬਹਿ ਸਤਿਗੁਰ ਪਾਸਿ ਘਾਲਨਿ ਕੂੜਿਆਰ ਨ ਲਭਨੀ ਕਿਤੈ ਥਾਇ ਭਾਲੇ ॥ {ਪੰਨਾ 304-305}

ਪਦਅਰਥ:- ਸਤਿਗੁਰ ਕੀ ਸੇਵਾ—ਗੁਰੂ ਦਾ ਦੱਸਿਆ ਹੋਇਆ ਰਸਤਾ । ਜਜਮਾਲੇ—ਜਜ਼ਾਮੀ, ਕੋੜ੍ਹੇ । ਸਚਿਆਰ—ਸੱਚ ਦੇ ਵਪਾਰੀ ।

ਅਰਥ:- ਸਤਿਗੁਰੂ ਦੀ (ਦੱਸੀ) ਸੇਵਾ (ਇਕ) ਪਵ੍ਰਿਤ (ਕੰਮ) ਹੈ, ਜੋ ਮਨੁੱਖ ਨਿਰਮਲ ਹੋਵੇ (ਭਾਵ, ਜਿਸ ਮਨੁੱਖ ਦਾ ਹਿਰਦਾ ਮਲੀਨ ਨਾ ਹੋਵੇ) ਉਹੋ ਹੀ ਇਹ ਔਖੀ ਕਾਰ ਕਰ ਸਕਦਾ ਹੈ । ਜਿਨ੍ਹਾਂ ਦੇ ਹਿਰਦੇ ਵਿਚ ਧੋਖਾ ਵਿਕਾਰ ਤੇ ਝੂਠ ਹੈ, ਸੱਚੇ ਪ੍ਰਭੂ ਨੇ ਆਪ ਹੀ ਉਹਨਾਂ ਕੋੜ੍ਹਿਆਂ ਨੂੰ (ਗੁਰੂ ਤੋਂ) ਵੱਖਰੇ ਕਰ ਦਿੱਤਾ ਹੈ । ਸੱਚ ਦੇ ਵਪਾਰੀ ਸਿੱਖ ਤਾਂ ਸਤਿਗੁਰੂ ਦੇ ਪਾਸ ਬਹਿ ਕੇ (ਸੇਵਾ ਦੀ) ਘਾਲ ਘਾਲਦੇ ਹਨ, ਪਰ ਉਥੇ ਕੂੜ ਦੇ ਵਪਾਰੀ ਕਿਤੇ ਲੱਭਿਆਂ ਭੀ ਨਹੀਂ ਲੱਭਦੇ ।

ਜਿਨਾ ਸਤਿਗੁਰ ਕਾ ਆਖਿਆ ਸੁਖਾਵੈ ਨਾਹੀ ਤਿਨਾ ਮੁਹ ਭਲੇਰੇ ਫਿਰਹਿ ਦਯਿ ਗਾਲੇ ॥ ਜਿਨ ਅੰਦਰਿ ਪ੍ਰੀਤਿ ਨਹੀ ਹਰਿ ਕੇਰੀ ਸੇ ਕਿਚਰਕੁ ਵੇਰਾਈਅਨਿ ਮਨਮੁਖ ਬੇਤਾਲੇ ॥ {ਪੰਨਾ 305}

ਪਦਅਰਥ:- ਭਲੇਰੇ—ਮੰਦੇ, ਭਰਿਸ਼ਟੇ ਹੋਏ । ਦਯਿ—ਖਸਮ ਵਲੋਂ । ਵੇਰਾਈਅਨਿ—ਵਿਰਚਾਏ ਜਾ ਸਕਦੇ ਹਨ । ਬੇਤਾਲ—ਬੇਥਵ੍ਹੇ, ਭੂਤ ।

ਅਰਥ:- ਜਿਨ੍ਹਾਂ ਮਨੁੱਖਾਂ ਨੂੰ ਸਤਿਗੁਰੂ ਦੇ ਬਚਨ ਚੰਗੇ ਨਹੀ ਲੱਗਦੇ ਉਹਨਾਂ ਦੇ ਮੂੰਹ ਭਰਿਸ਼ਟੇ ਹੋਏ ਹੁੰਦੇ ਹਨ, ਉਹ ਖਸਮ ਵਲੋਂ ਫਿਟਕਾਰੇ ਹੋਏ ਫਿਰਦੇ ਹਨ । ਜਿਨ੍ਹਾਂ ਦੇ ਹਿਰਦੇ ਵਿਚ ਪ੍ਰਭੂ ਦਾ ਪਿਆਰ ਨਹੀ, ਕਦ ਤਾਈਂ ਉਹਨਾਂ ਨੂੰ ਧੀਰਜ ਦਿੱਤੀ ਜਾ ਸਕਦੀ ਹੈ?

ਉਹ ਮਨ ਦੇ ਮੁਰੀਦ ਬੰਦੇ ਭੂਤਾਂ ਵਾਂਗ ਹੀ ਭਟਕਦੇ ਹਨ ।

ਸਤਿਗੁਰ ਨੋ ਮਿਲੈ ਸੁ ਆਪਣਾ ਮਨੁ ਥਾਇ ਰਖੈ ਓਹੁ ਆਪਿ ਵਰਤੈ ਆਪਣੀ ਵਥੁ ਨਾਲੇ ॥ ਜਨ ਨਾਨਕ ਇਕਨਾ ਗੁਰੁ ਮੇਲਿ ਸੁਖੁ ਦੇਵੈ ਇਕਿ ਆਪੇ ਵਖਿ ਕਢੈ ਠਗਵਾਲੇ ॥੧॥ {ਪੰਨਾ 305}

ਪਦਅਰਥ:- ਥਾਇ—ਥਾਂ ਸਿਰ । ਵਥੁ—ਚੀਜ਼ । ਨਾਲੇ—ਅਤੇ । ਇਕਿ—ਕਈ ਜੀਵ । ਠਗਵਾਲੇ—ਠੱਗੀ ਕਰਨ ਵਾਲੇ ।੧।

ਅਰਥ:- ਜੇਹੜਾ ਮਨੁੱਖ ਸਤਿਗੁਰੂ ਨੂੰ ਮਿਲਦਾ ਹੈ ਉਹ (ਇਕ ਤਾਂ) ਆਪਣੇ ਮਨ ਨੂੰ (ਵਿਕਾਰਾਂ ਵੱਲੋਂ ਰੋਕ ਕੇ) ਟਿਕਾਣੇ ਰੱਖਦਾ ਹੈ, ਨਾਲੇ (ਭਾਵ, ਤੇ ਹੋਰ) ਆਪਣੀ ਵਸਤੂ ਨੂੰ ਉਹ ਆਪ ਹੀ ਵਰਤਦਾ ਹੈ (ਭਾਵ, ਕਾਮਾਦਿਕ ਵੈਰੀ ਉਸ ਦੇ ਆਤਮਕ ਆਨੰਦ ਨੂੰ ਖ਼ਰਾਬ ਨਹੀਂ ਕਰ ਸਕਦੇ), (ਪਰ) ਹੇ ਦਾਸ ਨਾਨਕ! (ਜੀਵ ਦੇ ਹੱਥ ਵਿਚ ਕੁੱਝ ਨਹੀਂ) ਇਕਨਾਂ ਨੂੰ ਆਪ ਹਰੀ ਸਤਿਗੁਰੂ ਮਿਲਾਂਦਾ ਹੈ ਤੇ ਸੁਖ ਬਖ਼ਸ਼ਦਾ ਹੈ ਅਤੇ ਇਕਨਾਂ ਠੱਗੀ ਕਰਨ ਵਾਲਿਆਂ ਨੂੰ ਵੱਖ ਕਰ ਦੇਂਦਾ ਹੈ (ਭਾਵ, ਸਤਿਗੁਰੂ ਮਿਲਣ ਨਹੀਂ ਦੇਂਦਾ) ।੧।

ਮਃ ੪ ॥ ਜਿਨਾ ਅੰਦਰਿ ਨਾਮੁ ਨਿਧਾਨੁ ਹਰਿ ਤਿਨ ਕੇ ਕਾਜ ਦਯਿ ਆਦੇ ਰਾਸਿ ॥ ਤਿਨ ਚੂਕੀ ਮੁਹਤਾਜੀ ਲੋਕਨ ਕੀ ਹਰਿ ਪ੍ਰਭੁ ਅੰਗੁ ਕਰਿ ਬੈਠਾ ਪਾਸਿ ॥ ਜਾਂ ਕਰਤਾ ਵਲਿ ਤਾ ਸਭੁ ਕੋ ਵਲਿ ਸਭਿ ਦਰਸਨੁ ਦੇਖਿ ਕਰਹਿ ਸਾਬਾਸਿ ॥ ਸਾਹੁ ਪਾਤਿਸਾਹੁ ਸਭੁ ਹਰਿ ਕਾ ਕੀਆ ਸਭਿ ਜਨ ਕਉ ਆਇ ਕਰਹਿ ਰਹਰਾਸਿ ॥ {ਪੰਨਾ 305}

ਪਦਅਰਥ:- ਨਿਧਾਨੁ—ਖ਼ਜ਼ਾਨਾ । ਦਯਿ—ਖ਼ਸਮ ਨੇ । ਰਾਸਿ ਆਦੇ—ਸਿਰੇ ਚਾੜ੍ਹ ਦਿੱਤੇ । ਅੰਗੁ ਕਰਿ—ਪੱਖ ਕਰ ਕੇ । ਰਹਰਾਸਿ—ਬੇਨਤੀ, ਅਰਦਾਸ ।

ਅਰਥ:- ਜਿਨ੍ਹਾਂ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਖ਼ਜ਼ਾਨਾ ਹੈ, ਖਸਮ-ਪ੍ਰਭੂ ਨੇ ਉਹਨਾਂ ਦੇ ਕੰਮ ਆਪ ਸਿਰੇ ਚਾੜ੍ਹੇ ਹਨ; ਉਹਨਾਂ ਨੂੰ ਲੋਕਾਂ ਦੀ ਮੁਥਾਜੀ ਕਰਨ ਦੀ ਲੋੜ ਨਹੀਂ ਰਹਿੰਦੀ (ਕਿਉਂਕਿ) ਪ੍ਰਭੂ ਉਹਨਾਂ ਦਾ ਪੱਖ ਕਰ ਕੇ (ਸਦਾ) ਉਹਨਾਂ ਦੇ ਅੰਗ-ਸੰਗ ਹੈ । (ਮੁਥਾਜੀ ਤਾਂ ਕਿਤੇ ਰਹੀ, ਸਗੋਂ) ਸਭ ਲੋਕ ਉਹਨਾਂ ਦਾ ਦਰਸ਼ਨ ਕਰ ਕੇ ਉਹਨਾਂ ਦੀ ਵਡਿਆਈ ਕਰਦੇ ਹਨ (ਕਿਉਂਕਿ) ਜਦੋਂ ਸਿਰਜਨਹਾਰ ਆਪ ਉਹਨਾਂ ਦਾ ਪੱਖ ਕਰਦਾ ਹੈ ਤਾਂ ਹਰ ਕਿਸੇ ਨੇ ਪੱਖ ਕਰਨਾ ਹੋਇਆ, (ਇਥੋਂ ਤਕ ਕਿ) ਸ਼ਾਹ ਪਾਤਸ਼ਾਹ (ਭੀ) ਸਾਰੇ ਹਰੀ ਦੇ ਦਾਸ ਦੇ ਅੱਗੇ ਸਿਰ ਨਿਵਾਉਂਦੇ ਹਨ (ਕਿਉਂਕਿ ਉਹ ਭੀ ਤਾਂ) ਸਾਰੇ ਪ੍ਰਭੂ ਦੇ ਹੀ ਬਣਾਏ ਹੋਏ ਹਨ (ਪ੍ਰਭੂ ਦੇ ਦਾਸ ਤੋਂ ਆਕੀ ਕਿਵੇਂ ਹੋਣ)?

ਗੁਰ ਪੂਰੇ ਕੀ ਵਡੀ ਵਡਿਆਈ ਹਰਿ ਵਡਾ ਸੇਵਿ ਅਤੁਲੁ ਸੁਖੁ ਪਾਇਆ ॥ ਗੁਰਿ ਪੂਰੈ ਦਾਨੁ ਦੀਆ ਹਰਿ ਨਿਹਚਲੁ ਨਿਤ ਬਖਸੇ ਚੜੈ ਸਵਾਇਆ ॥ {ਪੰਨਾ 305}

ਪਦਅਰਥ:- ਗੁਰਿ ਪੂਰੈ—ਪੂਰੇ ਗੁਰੂ ਦੀ ਰਾਹੀਂ । ਨਿਹਚਲੁ—ਅਟੱਲ, ਨਾ ਮੁੱਕਣ ਵਾਲਾ । ਚੜੈ ਸਵਾਇਆ—ਵਧਦਾ ਜਾਂਦਾ ਹੈ ।

ਅਰਥ:- (ਇਹੀ) ਵੱਡੀ ਵਡਿਆਈ ਪੂਰੇ ਸਤਿਗੁਰੂ ਦੀ ਹੀ ਹੈ (ਕਿ ਹਰੀ ਦੇ ਦਾਸ ਦਾ ਸ਼ਾਹਾਂ ਪਾਤਸ਼ਾਹਾਂ ਸਮੇਤ ਲੋਕ ਆਦਰ ਕਰਦੇ ਹਨ, ਤੇ ਉਹ) ਵੱਡੇ ਹਰੀ ਦੀ ਸੇਵਾ ਕਰ ਕੇ ਅਤੁਲ ਸੁਖ ਪਾਂਦਾ ਹੈ । ਪੂਰੇ ਸਤਿਗੁਰੂ ਦੀ ਰਾਹੀਂ ਪ੍ਰਭੂ ਨੇ (ਜੋ ਆਪਣੇ ਨਾਮ ਦਾ) ਦਾਨ (ਆਪਣੇ ਸੇਵਕ ਨੂੰ) ਬਖ਼ਸ਼ਿਆ ਹੈ ਉਹ ਮੁੱਕਦਾ ਨਹੀਂ, ਕਿਉਂਕਿ ਪ੍ਰਭੂ ਸਦਾ ਬਖ਼ਸ਼ਸ਼ ਕਰੀ ਜਾਂਦਾ ਹੈ ਤੇ ਉਹ ਦਾਨ (ਦਿਨੋ ਦਿਨ) ਵਧਦਾ ਰਹਿੰਦਾ ਹੈ ।

ਕੋਈ ਨਿੰਦਕੁ ਵਡਿਆਈ ਦੇਖਿ ਨ ਸਕੈ ਸੋ ਕਰਤੈ ਆਪਿ ਪਚਾਇਆ ॥ ਜਨੁ ਨਾਨਕੁ ਗੁਣ ਬੋਲੈ ਕਰਤੇ ਕੇ ਭਗਤਾ ਨੋ ਸਦਾ ਰਖਦਾ ਆਇਆ ॥੨॥ {ਪੰਨਾ 305}

ਪਦਅਰਥ:- ਦੇਖਿ ਨ ਸਕੈ—ਵੇਖ ਕੇ ਸਹਾਰ ਨਹੀਂ ਸਕਦਾ । ਕਰਤੈ—ਕਰਤਾਰ ਨੇ । ਪਚਾਇਆ—ਸਾੜਿਆ ਹੈ ।੨।

ਅਰਥ:- ਜੇਹੜਾ ਕੋਈ ਨਿੰਦਕ (ਇਹੋ ਜਿਹੇ ਹਰੀ ਦੇ ਦਾਸ ਦੀ) ਵਡਿਆਈ ਵੇਖ ਕੇ ਜਰ ਨਹੀਂ ਸਕਦਾ, ਉਸ ਨੂੰ ਸਿਰਜਣਹਾਰ ਨੇ ਆਪ (ਈਰਖਾ ਦੀ ਅੱਗ ਵਿਚ) ਦੁਖੀ ਕੀਤਾ ਹੈ । ਮੈਂ ਦਾਸ ਨਾਨਕ ਸਿਰਜਣਹਾਰ ਦੇ ਗੁਣ ਗਾਉਂਦਾ ਹਾਂ, ਉਹ ਆਪਣੇ ਭਗਤਾਂ ਦੀ ਸਦਾ ਰਾਖੀ ਕਰਦਾ ਆਇਆ ਹੈ ।੨।

ਪਉੜੀ ॥ ਤੂ ਸਾਹਿਬੁ ਅਗਮ ਦਇਆਲੁ ਹੈ ਵਡ ਦਾਤਾ ਦਾਣਾ ॥ ਤੁਧੁ ਜੇਵਡੁ ਮੈ ਹੋਰੁ ਕੋ ਦਿਸਿ ਨ ਆਵਈ ਤੂਹੈਂ ਸੁਘੜੁ ਮੇਰੈ ਮਨਿ ਭਾਣਾ ॥ ਮੋਹੁ ਕੁਟੰਬੁ ਦਿਸਿ ਆਵਦਾ ਸਭੁ ਚਲਣਹਾਰਾ ਆਵਣ ਜਾਣਾ ॥ ਜੋ ਬਿਨੁ ਸਚੇ ਹੋਰਤੁ ਚਿਤੁ ਲਾਇਦੇ ਸੇ ਕੂੜਿਆਰ ਕੂੜਾ ਤਿਨ ਮਾਣਾ ॥ ਨਾਨਕ ਸਚੁ ਧਿਆਇ ਤੂ ਬਿਨੁ ਸਚੇ ਪਚਿ ਪਚਿ ਮੁਏ ਅਜਾਣਾ ॥੧੦॥ {ਪੰਨਾ 305}

ਪਦਅਰਥ:- ਅਗਮੁ—ਅ+ਗਮੁ, ਜਿਸ ਤਕ ਪਹੁੰਚ ਨਾ ਹੋ ਸਕੇ । ਦਾਣਾ—ਦਾਨਾ, ਸਿਆਣਾ । ਸੁਘੜੁ—ਸੋਹਣੀ ਘਾੜਤ ਵਾਲਾ, ਸੁਚੱਜਾ । ਹੋਰਤੁ—ਹੋਰ ਥਾਂ । ਪਚਿ ਪਚਿ—ਸੜ ਸੜ ਕੇ ।੧੦।

ਅਰਥ:- ਹੇ ਪ੍ਰਭੂ! ਤੂੰ ਅਪਹੁੰਚ ਤੇ ਦਿਆਲ ਮਾਲਕ ਹੈਂ ਵੱਡਾ ਦਾਤਾ ਤੇ ਸਿਆਣਾ ਹੈਂ; ਮੈਨੂੰ ਤੇਰੇ ਜੇਡਾ ਵੱਡਾ ਹੋਰ ਕੋਈ ਭੀ ਦਿਖਾਈ ਨਹੀਂ ਦੇਂਦਾ, ਤੂੰ ਹੀ ਸਿਆਣਾ ਮੇਰੇ ਮਨ ਵਿਚ ਪਿਆਰਾ ਲੱਗਾ ਹੈਂ । (ਜੋ) ਮੋਹ (ਰੂਪ) ਕੁਟੰਬ ਦਿਖਾਈ ਦੇਂਦਾ ਹੈ ਸਭ ਬਿਨਸਨਹਾਰ ਹੈ ਤੇ (ਸੰਸਾਰ ਵਿਚ) ਜੰਮਣ ਮਰਨ (ਦਾ ਕਾਰਨ ਬਣਦਾ ਹੈ) । (ਇਸ ਕਰਕੇ) ਸੱਚੇ ਹਰੀ ਤੋਂ ਬਿਨਾ ਜੋ ਮਨੁੱਖ ਕਿਸੇ ਹੋਰ ਨਾਲ ਮਨ ਜੋੜਦੇ ਹਨ ਉਹ ਕੂੜ ਦੇ ਵਪਾਰੀ ਹਨ, ਤੇ ਉਹਨਾਂ ਦਾ (ਇਸ ਤੇ) ਮਾਣ ਝੂਠਾ ਹੈ । ਹੇ ਨਾਨਕ! ਸੱਚੇ ਪ੍ਰਭੂ ਦਾ ਸਿਮਰਨ ਕਰ, (ਕਿਉਂਕਿ) ਸੱਚੇ ਤੋਂ ਵਾਂਜੇ ਹੋਏ ਮੂਰਖ ਜੀਵ ਦੁਖੀ ਹੋ ਕੇ ਆਤਮਕ ਮੌਤ ਸਹੇੜੀ ਰੱਖਦੇ ਹਨ ।੧੦।

ਸਲੋਕ ਮਃ ੪ ॥ ਅਗੋ ਦੇ ਸਤ ਭਾਉ ਨ ਦਿਚੈ ਪਿਛੋ ਦੇ ਆਖਿਆ ਕੰਮਿ ਨ ਆਵੈ ॥ ਅਧ ਵਿਚਿ ਫਿਰੈ ਮਨਮੁਖੁ ਵੇਚਾਰਾ ਗਲੀ ਕਿਉ ਸੁਖੁ ਪਾਵੈ ॥ ਜਿਸੁ ਅੰਦਰਿ ਪ੍ਰੀਤਿ ਨਹੀ ਸਤਿਗੁਰ ਕੀ ਸੁ ਕੂੜੀ ਆਵੈ ਕੂੜੀ ਜਾਵੈ ॥ {ਪੰਨਾ 305}

ਪਦਅਰਥ:- ਅਗੋ ਦੇ—ਪਹਿਲਾਂ । ਸਤ ਭਾਉ—ਆਦਰ, ਨੇਕ-ਭਾਵ, ਚੰਗਾ ਸਲੂਕ । ਅਧ ਵਿਚਿ—ਦੁਚਿੱਤਾ-ਪਨ ਵਿਚ । ਕੂੜੀ—ਝੂਠ ਮੂਠ ਹੀ; ਲੋਕਾਚਾਰੀ ਹੀ । ਦਿਚੈ—ਦਿੱਤਾ ਜਾਏ । ਪਿਛੋਦੇ—ਸਮਾ ਵਿਹਾ ਜਾਣ ਤੇ ।

ਅਰਥ:- ਮਨ ਦਾ ਮੁਰੀਦ ਮਨੁੱਖ ਪਹਿਲਾਂ ਤਾਂ (ਗੁਰੂ ਦੇ ਬਚਨਾਂ ਨੂੰ) ਆਦਰ ਨਹੀਂ ਦੇਂਦਾ, ਪਿਛੋਂ ਉਸ ਦੇ ਆਖਣ ਦਾ ਕੋਈ ਲਾਭ ਨਹੀਂ ਹੁੰਦਾ, ਉਹ ਅਭਾਗਾ ਦੁਚਿੱਤਾ-ਪਨ ਵਿਚ ਹੀ ਭਟਕਦਾ ਹੈ (ਜੇ ਸ਼ਰਧਾ ਪਿਆਰ ਨਾ ਹੋਵੇ ਤਾਂ) ਨਿਰੀਆਂ ਗੱਲਾਂ ਕਰ ਕੇ ਕਿਵੇਂ ਸੁਖ ਮਿਲ ਜਾਏ? ਜਿਸ ਦੇ ਹਿਰਦੇ ਵਿਚ ਸਤਿਗੁਰੂ ਦਾ ਪਿਆਰ ਨਹੀਂ, ਉਹ ਲੋਕਾਚਾਰੀ (ਗੁਰੂ-ਦਰ ਤੇ) ਆਉਂਦਾ ਜਾਂਦਾ ਹੈ (ਉਸ ਦਾ ਆਉਣ ਜਾਣ ਲੋਕਾਚਾਰੀ ਹੀ ਹੈ) ।

ਜੇ ਕ੍ਰਿਪਾ ਕਰੇ ਮੇਰਾ ਹਰਿ ਪ੍ਰਭੁ ਕਰਤਾ ਤਾਂ ਸਤਿਗੁਰੁ ਪਾਰਬ੍ਰਹਮੁ ਨਦਰੀ ਆਵੈ ॥ ਤਾ ਅਪਿਉ ਪੀਵੈ ਸਬਦੁ ਗੁਰ ਕੇਰਾ ਸਭੁ ਕਾੜਾ ਅੰਦੇਸਾ ਭਰਮੁ ਚੁਕਾਵੈ ॥ ਸਦਾ ਅਨੰਦਿ ਰਹੈ ਦਿਨੁ ਰਾਤੀ ਜਨ ਨਾਨਕ ਅਨਦਿਨੁ ਹਰਿ ਗੁਣ ਗਾਵੈ ॥੧॥ {ਪੰਨਾ 305}

ਪਦਅਰਥ:- ਅਪਿਉ—ਅੰਮ੍ਰਿਤ, ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਕੇਰਾ—ਦਾ । ਭਰਮੁ—ਭਟਕਣਾ । ਅਨੰਦਿ—ਅਨੰਦ ਵਿਚ ।੧।

ਅਰਥ:- ਜੇ ਮੇਰਾ ਸਿਰਜਣਹਾਰ-ਪ੍ਰਭੂ ਮਿਹਰ ਕਰੇ ਤਾਂ (ਉਸ ਮਨੁੱਖ ਨੂੰ ਭੀ) ਦਿੱਸ ਪੈਂਦਾ ਹੈ ਕਿ ਸਤਿਗੁਰੂ ਪਾਰਬ੍ਰਹਮ (ਦਾ ਰੂਪ ਹੈ) ਉਹ ਸਤਿਗੁਰੂ ਦਾ ਸ਼ਬਦ-ਰੂਪ ਅੰਮ੍ਰਿਤ ਪੀਂਦਾ ਹੈ ਅਤੇ ਝੋਰਾ, ਚਿੰਤਾ ਤੇ ਭਟਕਣਾ ਸਭ ਮੁਕਾ ਲੈਂਦਾ ਹੈ । ਹੇ ਨਾਨਕ! ਜੋ ਮਨੁੱਖ ਹਰ ਰੋਜ਼ ਪ੍ਰਭੂ ਦੇ ਗੁਣ ਗਉਂਦਾ ਹੈ ਉਹ ਦਿਨ ਰਾਤ ਸਦਾ ਸੁਖ ਵਿਚ ਰਹਿੰਦਾ ਹੈ ।੧।

ਮਃ ੪ ॥ ਗੁਰ ਸਤਿਗੁਰ ਕਾ ਜੋ ਸਿਖੁ ਅਖਾਏ ਸੁ ਭਲਕੇ ਉਠਿ ਹਰਿ ਨਾਮੁ ਧਿਆਵੈ ॥ ਉਦਮੁ ਕਰੇ ਭਲਕੇ ਪਰਭਾਤੀ ਇਸਨਾਨੁ ਕਰੇ ਅੰਮ੍ਰਿਤ ਸਰਿ ਨਾਵੈ ॥ ਉਪਦੇਸਿ ਗੁਰੂ ਹਰਿ ਹਰਿ ਜਪੁ ਜਾਪੈ ਸਭਿ ਕਿਲਵਿਖ ਪਾਪ ਦੋਖ ਲਹਿ ਜਾਵੈ ॥ ਫਿਰਿ ਚੜੈ ਦਿਵਸੁ ਗੁਰਬਾਣੀ ਗਾਵੈ ਬਹਦਿਆ ਉਠਦਿਆ ਹਰਿ ਨਾਮੁ ਧਿਆਵੈ ॥ ਜੋ ਸਾਸਿ ਗਿਰਾਸਿ ਧਿਆਏ ਮੇਰਾ ਹਰਿ ਹਰਿ ਸੋ ਗੁਰਸਿਖੁ ਗੁਰੂ ਮਨਿ ਭਾਵੈ ॥ {ਪੰਨਾ 305}

ਪਦਅਰਥ:- ਭਲਕੇ—ਨਿੱਤ ਸਵੇਰੇ । ਅੰਮ੍ਰਿਤਸਰਿ—ਨਾਮ-ਰੂਪ ਅੰਮ੍ਰਿਤ ਦੇ ਸਰੋਵਰ ਵਿਚ । ਉਪਦੇਸਿ—ਉਪਦੇਸ਼ ਦੀ ਰਾਹੀਂ । ਕਿਲਵਿਖ—ਪਾਪ । ਸਾਸਿ—ਸਾਹ ਦੇ ਨਾਲ । ਗਿਰਾਸਿ—ਗਿਰਾਹੀ ਦੇ ਨਾਲ । ਸਾਸਿ ਗਿਰਾਸਿ—ਹਰ ਦਮ ।

ਅਰਥ:- ਜੋ ਮਨੁੱਖ ਸਤਿਗੁਰੂ ਦਾ (ਸੱਚਾ) ਸਿੱਖ ਅਖਵਾਂਦਾ ਹੈ (ਭਾਵ, ਜਿਸ ਨੂੰ ਲੋਕ ਸੱਚਾ ਸਿੱਖ ਆਖਦੇ ਹਨ) ਉਹ ਰੋਜ਼ ਸਵੇਰੇ ਉੱਠ ਕੇ ਹਰਿ-ਨਾਮ ਦਾ ਸਿਮਰਨ ਕਰਦਾ ਹੈ, ਹਰ ਰੋਜ਼ ਸਵੇਰੇ ਉੱਦਮ ਕਰਦਾ ਹੈ, ਇਸ਼ਨਾਨ ਕਰਦਾ ਹੈ (ਤੇ ਫਿਰ ਨਾਮ-ਰੂਪ) ਅੰਮ੍ਰਿਤ ਦੇ ਸਰੋਵਰ ਵਿਚ ਟੁੱਭੀ ਲਾਉਂਦਾ ਹੈ, ਸਤਿਗੁਰੂ ਦੇ ਉਪਦੇਸ਼ ਦੁਆਰਾ ਪ੍ਰਭੂ ਦੇ ਨਾਮ ਦਾ ਜਾਪ ਜਪਦਾ ਹੈ ਤੇ (ਇਸ ਤਰ੍ਹਾਂ) ਉਸ ਦੇ ਸਾਰੇ ਪਾਪ-ਵਿਕਾਰ ਲਹਿ ਜਾਂਦੇ ਹਨ; ਫਿਰ ਦਿਨ ਚੜ੍ਹੇ ਸਤਿਗੁਰੂ ਦੀ ਬਾਣੀ ਦਾ ਕੀਰਤਨ ਕਰਦਾ ਹੈ ਤੇ (ਦਿਹਾੜੀ) ਬਹਿੰਦਿਆਂ ਉੱਠਦਿਆਂ (ਭਾਵ, ਕਾਰ-ਕਿਰਤ ਕਰਦਿਆਂ) ਪ੍ਰਭੂ ਦਾ ਨਾਮ ਸਿਮਰਦਾ ਹੈ । ਸਤਿਗੁਰੂ ਦੇ ਮਨ ਵਿਚ ਉਹ ਸਿੱਖ ਚੰਗਾ ਲੱਗਦਾ ਹੈ ਜੋ ਪਿਆਰੇ ਪ੍ਰਭੂ ਨੂੰ ਹਰ ਦਮ ਯਾਦ ਕਰਦਾ ਹੈ ।

ਜਿਸ ਨੋ ਦਇਆਲੁ ਹੋਵੈ ਮੇਰਾ ਸੁਆਮੀ ਤਿਸੁ ਗੁਰਸਿਖ ਗੁਰੂ ਉਪਦੇਸੁ ਸੁਣਾਵੈ ॥ ਜਨੁ ਨਾਨਕੁ ਧੂੜਿ ਮੰਗੈ ਤਿਸੁ ਗੁਰਸਿਖ ਕੀ ਜੋ ਆਪਿ ਜਪੈ ਅਵਰਹ ਨਾਮੁ ਜਪਾਵੈ ॥੨॥ {ਪੰਨਾ 306}

ਪਦਅਰਥ:- ਅਵਰਹ—ਹੋਰਨਾਂ ਨੂੰ ।੨।

ਅਰਥ:- ਜਿਸ ਤੇ ਪਿਆਰਾ ਪ੍ਰਭੂ ਦਿਆਲ ਹੁੰਦਾ ਹੈ, ਉਸ ਗੁਰਸਿੱਖ ਨੂੰ ਸਤਿਗੁਰੂ ਸਿੱਖਿਆ ਦੇਂਦਾ ਹੈ । ਦਾਸ ਨਾਨਕ (ਭੀ) ਉਸ ਗੁਰਸਿੱਖ ਦੀ ਚਰਨ-ਧੂੜ ਮੰਗਦਾ ਹੈ ਜੋ ਆਪ ਨਾਮ ਜਪਦਾ ਹੈ ਤੇ ਹੋਰਨਾਂ ਨੂੰ ਜਪਾਉਂਦਾ ਹੈ ।੨।

ਪਉੜੀ ॥ ਜੋ ਤੁਧੁ ਸਚੁ ਧਿਆਇਦੇ ਸੇ ਵਿਰਲੇ ਥੋੜੇ ॥ ਜੋ ਮਨਿ ਚਿਤਿ ਇਕੁ ਅਰਾਧਦੇ ਤਿਨ ਕੀ ਬਰਕਤਿ ਖਾਹਿ ਅਸੰਖ ਕਰੋੜੇ ॥ ਤੁਧੁਨੋ ਸਭ ਧਿਆਇਦੀ ਸੇ ਥਾਇ ਪਏ ਜੋ ਸਾਹਿਬ ਲੋੜੇ ॥ ਜੋ ਬਿਨੁ ਸਤਿਗੁਰ ਸੇਵੇ ਖਾਦੇ ਪੈਨਦੇ ਸੇ ਮੁਏ ਮਰਿ ਜੰਮੇ ਕੋੜ੍ਹੇ ॥ ਓਇ ਹਾਜਰੁ ਮਿਠਾ ਬੋਲਦੇ ਬਾਹਰਿ ਵਿਸੁ ਕਢਹਿ ਮੁਖਿ ਘੋਲੇ ॥ ਮਨਿ ਖੋਟੇ ਦਯਿ ਵਿਛੋੜੇ ॥੧੧॥ {ਪੰਨਾ 306}

ਪਦਅਰਥ:- ਬਰਕਤਿ—ਕਮਾਈ । ਬਰਕਤਿ ਖਾਹਿ—ਕਮਾਈ ਖਾਂਦੇ ਹਨ, ਭਾਵ, ਉਹਨਾਂ ਦਾ ਸਦਕਾ ਹੋਰ ਭੀ ਨਾਮ ਸਿਮਰਦੇ ਹਨ ।੧੧।

ਅਰਥ:- ਹੇ ਸੱਚੇ ਪ੍ਰਭੂ! ਉਹ ਬਹੁਤ ਥੋਹੜੇ ਜੀਵ ਹਨ, ਜੋ (ਇਕਾਗਰ ਚਿੱਤ) ਤੇਰਾ ਸਿਮਰਨ ਕਰਦੇ ਹਨ । ਪੂਰਨ ਇਕਾਗ੍ਰਤਾ ਵਿਚ ਜੋ ਮਨੁੱਖ ਇੱਕ ਦਾ ਅਰਾਧਨ ਕਰਦੇ ਹਨ, ਉਹਨਾਂ ਦੀ ਕਮਾਈ ਬੇਅੰਤ ਜੀਵ ਖਾਂਦੇ ਹਨ

। ਹੇ ਹਰੀ! (ਉਂਞ ਤਾਂ) ਸਾਰੀ ਸ੍ਰਿਸ਼ਟੀ ਤੇਰਾ ਧਿਆਨ ਧਰਦੀ ਹੈ, ਪਰ ਪਰਵਾਨ ਉਹ ਹੁੰਦੇ ਹਨ ਜਿਨ੍ਹਾਂ ਨੂੰ ਤੂੰ ਮਾਲਕ ਪਸੰਦ ਕਰਦਾ ਹੈਂ । ਸਤਿਗੁਰੂ ਦੀ ਸੇਵਾ ਤੋਂ ਸੱਖਣੇ ਰਹਿ ਕੇ ਜੋ ਮਨੁੱਖ ਖਾਣ ਪੀਣ ਤੇ ਪੈਨਣ ਦੇ ਰਸਾਂ ਵਿਚ ਲੱਗੇ ਹੋਏ ਹਨ, ਉਹ ਕੋੜ੍ਹੇ ਮੁੜ ਮੁੜ ਜੰਮਦੇ ਹਨ । ਇਹੋ ਜਿਹੇ ਮਨੁੱਖ ਸਾਹਮਣੇ (ਤਾਂ) ਮਿੱਠੀਆਂ ਗੱਲਾਂ ਕਰਦੇ ਹਨ (ਪਰ) ਪਿਛੋਂ ਮੂੰਹ ਵਿਚੋਂ ਵਿਹੁ ਘੋਲ ਕੇ ਕੱਢਦੇ ਹਨ (ਭਾਵ, ਰੱਜ ਕੇ ਨਿੰਦਾ ਕਰਦੇ ਹਨ) । ਇਹੋ ਜਿਹੇ ਮਨੋਂ ਖੋਟਿਆਂ ਨੂੰ ਖਸਮ ਨੇ (ਆਪਣੇ ਨਾਲੋਂ) ਵਿਛੋੜ ਦਿੱਤਾ ਹੈ ।

ਸਲੋਕ ਮਃ ੪ ॥ ਮਲੁ ਜੂਈ ਭਰਿਆ ਨੀਲਾ ਕਾਲਾ ਖਿਧੋਲੜਾ ਤਿਨਿ ਵੇਮੁਖਿ ਵੇਮੁਖੈ ਨੋ ਪਾਇਆ ॥ ਪਾਸਿ ਨ ਦੇਈ ਕੋਈ ਬਹਣਿ ਜਗਤ ਮਹਿ ਗੂਹ ਪੜਿ ਸਗਵੀ ਮਲੁ ਲਾਇ ਮਨਮੁਖੁ ਆਇਆ ॥ {ਪੰਨਾ 306}

ਪਦਅਰਥ:- ਖਿਧੋਲੜਾ—ਜੁੱਲਾ । ਗੂਹ—ਗੰਦ । ਸਗਵੀ—ਸਗੋਂ ਵਧੇਰੀ ।

ਅਰਥ:- ਮਲ ਤੇ ਜੂਆਂ ਨਾਲ ਭਰਿਆ ਹੋਇਆ ਨੀਲਾ ਤੇ ਕਾਲਾ ਜੁੱਲਾ ਉਸ ਬੇ-ਮੁਖ ਨੇ ਬੇ-ਮੁਖ ਨੂੰ ਪਾ ਦਿੱਤਾ, ਸੰਸਾਰ ਵਿਚ ਉਸ ਨੂੰ ਕੋਈ ਕੋਲ ਬਹਿਣ ਨਹੀਂ ਦੇਂਦਾ, ਗੰਦ ਪੈ ਕੇ ਸਗੋਂ ਬਹੁਤੀ ਮੈਲ ਲਾ ਕੇ ਮਨਮੁਖ (ਵਾਪਸ) ਆਇਆ ।

ਪਰਾਈ ਜੋ ਨਿੰਦਾ ਚੁਗਲੀ ਨੋ ਵੇਮੁਖੁ ਕਰਿ ਕੈ ਭੇਜਿਆ ਓਥੈ ਭੀ ਮੁਹੁ ਕਾਲਾ ਦੁਹਾ ਵੇਮੁਖਾ ਦਾ ਕਰਾਇਆ ॥ ਤੜ ਸੁਣਿਆ ਸਭਤੁ ਜਗਤ ਵਿਚਿ ਭਾਈ ਵੇਮੁਖੁ ਸਣੈ ਨਫਰੈ ਪਉਲੀ ਪਉਦੀ ਫਾਵਾ ਹੋਇ ਕੈ ਉਠਿ ਘਰਿ ਆਇਆ ॥ {ਪੰਨਾ 306}

ਪਦਅਰਥ:- ਤੜ—ਤੜੱਕ, ਤੁਰਤ । ਸਭਤੁ—ਸਭ ਥਾਂ । ਸਣੈ—ਸਮੇਤ । ਨਫਰ—ਨੌਕਰ । ਪਉਲੀ ਪਉਦੀ—ਜੁੱਤੀਆਂ ਪੈਂਦਿਆਂ । ਫਾਵਾ—ਬਉਰਾ, ਪਾਗਲ ।

ਅਰਥ:- ਜੋ ਮਨਮੁਖ ਪਰਾਈ ਨਿੰਦਾ ਤੇ ਚੁਗਲੀ ਕਰਨ ਲਈ (ਸਾਲਾਹ) ਕਰ ਕੇ ਭੇਜਿਆ ਗਿਆ ਸੀ, ਉਥੇ ਭੀ ਦੋਹਾਂ ਦਾ ਮੂੰਹ ਕਾਲਾ ਕੀਤਾ ਗਿਆ । ਸੰਸਾਰ ਵਿਚ ਸਭਨੀਂ ਪਾਸੀਂ ਤੁਰਤ ਸੁਣਿਆ ਗਿਆ ਕਿ ਹੇ ਭਾਈ! ਬੇਮੁਖ ਨੂੰ ਨੌਕਰ ਸਮੇਤ ਜੁੱਤੀਆਂ ਪਈਆਂ ਤੇ ਚੰਗਾ ਹੌਲਾ ਹੋ ਕੇ ਘਰ ਨੂੰ ਉੱਠ ਆਇਆ ਹੈ ।

ਅਗੈ ਸੰਗਤੀ ਕੁੜਮੀ ਵੇਮੁਖੁ ਰਲਣਾ ਨ ਮਿਲੈ ਤਾ ਵਹੁਟੀ ਭਤੀਜੀ ਫਿਰਿ ਆਣਿ ਘਰਿ ਪਾਇਆ ॥ ਹਲਤੁ ਪਲਤੁ ਦੋਵੈ ਗਏ ਨਿਤ ਭੁਖਾ ਕੂਕੇ ਤਿਹਾਇਆ ॥ {ਪੰਨਾ 306}

ਪਦਅਰਥ:- ਭਤੀਜੀ—ਭਤੀਜਿਆਂ ਨੇ । ਆਣਿ—ਲਿਆ ਕੇ ।

ਅਰਥ:- ਅੱਗੋਂ ਸੰਗਤਾਂ ਤੇ ਕੁੜਮਾਂ (ਭਾਵ, ਸਾਕਾਂ ਅੰਗਾਂ) ਵਿਚ ਬੇਮੁਖ ਨੂੰ ਬਹਿਣਾ ਨਾ ਮਿਲੇ, ਤਾਂ ਫਿਰ ਵਹੁਟੀ ਤੇ ਭਤੀਜਿਆਂ ਨੇ ਲਿਆ ਕੇ ਘਰ ਵਿਚ ਟਿਕਾਣਾ ਦਿੱਤਾ, ਉਸ ਦੇ ਲੋਕ ਪਰਲੋਕ ਦੋਵੇਂ ਅਜਾਈਂ ਗਏ ਤੇ (ਹੁਣ) ਭੁੱਖਾ ਤੇ ਤਿਹਾਇਆ ਕੂਕਦਾ ਹੈ ।

ਧਨੁ ਧਨੁ ਸੁਆਮੀ ਕਰਤਾ ਪੁਰਖੁ ਹੈ ਜਿਨਿ ਨਿਆਉ ਸਚੁ ਬਹਿ ਆਪਿ ਕਰਾਇਆ ॥ ਜੋ ਨਿੰਦਾ ਕਰੇ ਸਤਿਗੁਰ ਪੂਰੇ ਕੀ ਸੋ ਸਾਚੈ ਮਾਰਿ ਪਚਾਇਆ ॥ ਏਹੁ ਅਖਰੁ ਤਿਨਿ ਆਖਿਆ ਜਿਨਿ ਜਗਤੁ ਸਭੁ ਉਪਾਇਆ ॥੧॥ {ਪੰਨਾ 306}

ਪਦਅਰਥ:- ਬਹਿ—ਬੈਠ ਕੇ, (ਭਾਵ,) ਗਹੁ ਨਾਲ । ਪਚਾਇਆ—ਖ਼ੁਆਰ ਕੀਤਾ । ਅਖਰੁ—ਬਚਨ, ਨਿਆਂ ਦਾ ਬਚਨ । ਤਿਨਿ—ਉਸ ਪ੍ਰਭੂ ਨੇ ।੧।

ਅਰਥ:- ਧੰਨ ਸਿਰਜਣਹਾਰ ਮਾਲਕ ਹੈ ਜਿਸ ਨੇ ਆਪ ਗਹੁ ਨਾਲ ਸੱਚਾ ਨਿਆਉਂ ਕਰਾਇਆ ਹੈ, (ਕਿ) ਜੋ ਮਨੁੱਖ ਪੂਰੇ ਸਤਿਗੁਰੂ ਦੀ ਨਿੰਦਾ ਕਰਦਾ ਹੈ, ਸੱਚਾ ਪ੍ਰਭੂ ਉਸ ਨੂੰ ਆਪ (ਆਤਮਕ ਮੌਤ) ਮਾਰ ਕੇ ਦੁਖੀ ਕਰਦਾ ਹੈ,—(ਇਹ) ਨਿਆਂ ਦਾ ਬਚਨ ਉਸ ਪ੍ਰਭੂ ਨੇ ਆਪ ਆਖਿਆ ਹੈ ਜਿਸ ਨੇ ਸਾਰਾ ਸੰਸਾਰ ਪੈਦਾ ਕੀਤਾ ਹੈ ।੧।

ਮਃ ੪ ॥ ਸਾਹਿਬੁ ਜਿਸ ਕਾ ਨੰਗਾ ਭੁਖਾ ਹੋਵੈ ਤਿਸ ਦਾ ਨਫਰੁ ਕਿਥਹੁ ਰਜਿ ਖਾਏ ॥ ਜਿ ਸਾਹਿਬ ਕੈ ਘਰਿ ਵਥੁ ਹੋਵੈ ਸੁ ਨਫਰੈ ਹਥਿ ਆਵੈ ਅਣਹੋਦੀ ਕਿਥਹੁ ਪਾਏ ॥ {ਪੰਨਾ 306}

ਪਦਅਰਥ:- ਨੰਗਾ ਭੁਖਾ—ਕੰਗਾਲ । ਵਥੁ—ਚੀਜ਼ । ਹਥਿ ਆਵੈ—ਹੱਥ ਵਿਚ ਆਉਂਦੀ ਹੈ, ਮਿਲਦੀ ਹੈ ।

ਅਰਥ:- ਜਿਸ ਨੌਕਰ ਦਾ ਮਾਲਕ ਕੰਗਾਲ ਹੋਵੇ, ਉਸ ਦੇ ਨੌਕਰ ਨੇ ਕਿੱਥੋਂ ਰੱਜ ਕੇ ਖਾਣਾ ਹੋਇਆ? ਨੌਕਰ ਨੂੰ ਉਹੋ ਵਸਤ ਮਿਲ ਸਕਦੀ ਹੈ ਜੋ ਮਾਲਕ ਦੇ ਘਰ ਵਿਚ ਹੋਵੇ, ਜੇ ਘਰ ਵਿਚ ਹੀ ਨਾ ਹੋਵੇ ਤਾਂ ਉਸ ਨੂੰ ਕਿੱਥੋਂ ਮਿਲੇ?

ਜਿਸ ਦੀ ਸੇਵਾ ਕੀਤੀ ਫਿਰਿ ਲੇਖਾ ਮੰਗੀਐ ਸਾ ਸੇਵਾ ਅਉਖੀ ਹੋਈ ॥ ਨਾਨਕ ਸੇਵਾ ਕਰਹੁ ਹਰਿ ਗੁਰ ਸਫਲ ਦਰਸਨ ਕੀ ਫਿਰਿ ਲੇਖਾ ਮੰਗੈ ਨ ਕੋਈ ॥੨॥ {ਪੰਨਾ 306}

ਅਰਥ:- ਜਿਸ ਦੀ ਸੇਵਾ ਕੀਤਿਆਂ ਫਿਰ ਭੀ ਲੇਖਾ ਮੰਗਿਆ ਜਾਣਾ ਹੋਵੇ, ਉਹ ਸੇਵਾ ਮੁਸ਼ਕਲ ਹੈ (ਭਾਵ, ਉਹਦੇ ਕਰਨ ਦਾ ਕੀਹ ਲਾਹ ਹੈ?) ਹੇ ਨਾਨਕ! ਜਿਸ ਹਰੀ ਤੇ ਸਤਿਗੁਰੂ ਦਾ ਦਰਸ਼ਨ (ਮਨੁੱਖਾ ਜਨਮ ਨੂੰ) ਸਫਲਾ (ਕਰਦਾ) ਹੈ, ਉਹਨਾਂ ਦੀ ਸੇਵਾ ਕਰਹੁ (ਤਾਕਿ) ਫਿਰ ਕੋਈ ਲੇਖਾ ਨਾ ਮੰਗੇ ।੨।

ਪਉੜੀ ॥ ਨਾਨਕ ਵੀਚਾਰਹਿ ਸੰਤ ਜਨ ਚਾਰਿ ਵੇਦ ਕਹੰਦੇ ॥ ਭਗਤ ਮੁਖੈ ਤੇ ਬੋਲਦੇ ਸੇ ਵਚਨ ਹੋਵੰਦੇ ॥ ਪ੍ਰਗਟ ਪਹਾਰਾ ਜਾਪਦਾ ਸਭਿ ਲੋਕ ਸੁਣੰਦੇ ॥ ਸੁਖੁ ਨ ਪਾਇਨਿ ਮੁਗਧ ਨਰ ਸੰਤ ਨਾਲਿ ਖਹੰਦੇ ॥ ਓਇ ਲੋਚਨਿ ਓਨਾ ਗੁਣੈ ਨੋ ਓਇ ਅਹੰਕਾਰਿ ਸੜੰਦੇ ॥ ਓਇ ਵਿਚਾਰੇ ਕਿਆ ਕਰਹਿ ਜਾ ਭਾਗ ਧੁਰਿ ਮੰਦੇ ॥ ਜੋ ਮਾਰੇ ਤਿਨਿ ਪਾਰਬ੍ਰਹਮਿ ਸੇ ਕਿਸੈ ਨ ਸੰਦੇ ॥ ਵੈਰੁ ਕਰਹਿ ਨਿਰਵੈਰ ਨਾਲਿ ਧਰਮ ਨਿਆਇ ਪਚੰਦੇ ॥ ਜੋ ਜੋ ਸੰਤਿ ਸਰਾਪਿਆ ਸੇ ਫਿਰਹਿ ਭਵੰਦੇ ॥ ਪੇਡੁ ਮੁੰਢਾਹੂੰ ਕਟਿਆ ਤਿਸੁ ਡਾਲ ਸੁਕੰਦੇ ॥੧੨॥ {ਪੰਨਾ 306}

ਪਦਅਰਥ:- ਨਾਨਕ—ਹੇ ਨਾਨਕ! ਮੁਖੈ ਤੇ—ਮੂੰਹ ਤੋਂ । ਹੋਵੰਦੇ—ਵਰਤ ਜਾਂਦੇ ਹਨ । ਪਹਾਰਾ—ਸੰਸਾਰ ਵਿਚ । ਸਭਿ—ਸਾਰੇ । ਮੁਗਧ—ਮੂਰਖ । ਖਹੰਦੇ—(ਜੋ) ਝਗੜਾ ਪਾਂਦੇ ਹਨ । ਓਇ—ਉਹ ਮੁਗਧ ਨਰ {ਬਹੁ-ਵਚਨ} । ਓਨਾ ਗੁਣੈ ਨੋ—ਉਹਨਾਂ ਸੰਤ-ਜਨਾਂ ਦੇ ਗੁਣਾਂ ਨੂੰ । ਅਹੰਕਾਰਿ—ਅਹੰਕਾਰ ਵਿਚ । ਤਿਨਿ—ਉਸ ਨੇ । ਸੰਦੇ—ਦੇ । ਨਿਆਇ—ਨਿਆਂ ਅਨੁਸਾਰ । ਪਚੰਦੇ—ਸੜਦੇ ਹਨ । ਸੰਤਿ—ਸੰਤ ਵਲੋਂ । ਪੇਡੁ—ਬੂਟਾ ।

ਸਰਾਪਿਆ—ਫਿਟਕਾਰਿਆ ਹੋਇਆ, ਦੁਰਕਾਰਿਆ ਹੋਇਆ, ਪਰੇ ਹਟਿਆ ਹੋਇਆ ।੧੨।

ਅਰਥ:- ਹੇ ਨਾਨਕ! ਸੰਤ (ਆਪਣੀ) ਵੀਚਾਰ ਦੱਸਦੇ ਹਨ ਤੇ ਚਾਰੇ ਵੇਦ (ਭਾਵ, ਪੁਰਾਤਨ ਧਰਮ ਪੁਸਤਕ ਭੀ ਇਹੀ ਗੱਲ) ਆਖਦੇ ਹਨ (ਕਿ) ਭਗਤ ਜਨ ਜੋ ਬਚਨ ਮੂੰਹੋਂ ਬੋਲਦੇ ਹਨ ਉਹ ਸਹੀ ਹੁੰਦੇ ਹਨ । (ਭਗਤ) ਸਾਰੇ ਜਗਤ ਵਿਚ ਉੱਘੇ ਹੋ ਜਾਂਦੇ ਹਨ, ਉਹਨਾਂ ਦੀ ਸੋਭਾ ਸਾਰੇ ਲੋਕ ਸੁਣਦੇ ਹਨ ।

ਜੋ ਮੂਰਖ ਮਨੁੱਖ (ਅਜੇਹੇ) ਸੰਤਾਂ ਨਾਲ ਵੈਰ ਕਰਦੇ ਹਨ ਉਹ ਸੁਖ ਨਹੀਂ ਪਾਂਦੇ, (ਉਹ ਦੋਖੀ) ਸੜਦੇ ਤਾਂ ਅਹੰਕਾਰ ਵਿਚ ਹਨ, ਪਰ ਸੰਤ ਜਨਾਂ ਦੇ ਗੁਣਾਂ ਨੂੰ ਤਰਸਦੇ ਹਨ ।

ਇਹਨਾਂ ਦੋਖੀ ਮਨੁੱਖਾਂ ਦੇ ਵੱਸ ਭੀ ਕੀਹ ਹੈ? ਮੁੱਢ ਤੋਂ (ਮੰਦੇ ਕਰਮ ਕਰਨ ਕਰਕੇ) ਮੰਦੇ ਸੰਸਕਾਰ ਹੀ ਉਹਨਾਂ ਦਾ ਭਾਗ ਹੈ (ਤੇ ਇਹਨਾਂ ਸੰਸਕਾਰਾਂ ਦੇ ਪ੍ਰੇਰੇ ਹੋਏ ਮੰਦੇ ਪਾਸੇ ਪਏ ਰਹਿੰਦੇ ਹਨ) । ਜੋ ਮਨੁੱਖ ਰੱਬ ਵਲੋਂ ਮੋਏ ਹੋਏ ਹਨ, ਉਹ ਕਿਸੇ ਦੇ (ਸੱਕੇ) ਨਹੀਂ । ਨਿਰਵੈਰਾਂ ਨਾਲ ਭੀ ਵੈਰ ਕਰਦੇ ਹਨ ਤੇ ਪਰਮਾਤਮਾ ਦੇ ਧਰਮ ਨਿਆਂ-ਅਨੁਸਾਰ ਦੁਖੀ ਹੁੰਦੇ ਹਨ । ਜੋ ਜੋ ਮਨੁੱਖ ਸੰਤ (ਗੁਰੂ) ਵਲੋਂ ਫਿਟਕਾਰੇ ਹੋਏ ਹਨ (ਭਾਵ, ਗੁਰੂ ਦੇ ਦਰ ਤੋਂ ਵਾਂਜੇ ਹੋਏ ਹਨ) ਉਹ ਭਟਕਦੇ ਫਿਰਦੇ ਹਨ । ਜੋ ਰੁੱਖ ਮੁਢੋਂ ਪੁਟਿਆ ਜਾਏ, ਉਸ ਦੇ ਟਾਹਣ ਭੀ ਸੁੱਕ ਜਾਂਦੇ ਹਨ ।੧੨।

ਸਲੋਕ ਮਃ ੪ ॥ ਅੰਤਰਿ ਹਰਿ ਗੁਰੂ ਧਿਆਇਦਾ ਵਡੀ ਵਡਿਆਈ ॥ ਤੁਸਿ ਦਿਤੀ ਪੂਰੈ ਸਤਿਗੁਰੂ ਘਟੈ ਨਾਹੀ ਇਕੁ ਤਿਲੁ ਕਿਸੈ ਦੀ ਘਟਾਈ ॥ {ਪੰਨਾ 307}

ਪਦਅਰਥ:- ਤੁਸਿ—ਤ੍ਰੁੱਠ ਕੇ । ਪੂਰੈ—ਪੂਰੇ (ਪ੍ਰਭੂ) ਨੇ ।

ਅਰਥ:- ਸਤਿਗੁਰੂ ਦੀ ਵਡਿਆਈ ਵੱਡੀ ਹੈ (ਕਿਉਂਕਿ ਉਹ) ਹਰੀ ਨੂੰ ਹਿਰਦੇ ਵਿਚ ਸਿਮਰਦਾ ਹੈ; ਪੂਰੇ ਪ੍ਰਭੂ ਨੇ ਸਤਿਗੁਰੂ ਨੂੰ ਪ੍ਰਸੰਨ ਹੋ ਕੇ (ਇਹੀ ਵਡਿਆਈ) ਬਖ਼ਸ਼ੀ ਹੈ (ਇਸ ਕਰਕੇ) ਕਿਸੇ ਦੇ ਘਟਾਇਆਂ ਰਤਾ ਭੀ ਨਹੀਂ ਘਟਦੀ ।

ਸਚੁ ਸਾਹਿਬੁ ਸਤਿਗੁਰੂ ਕੈ ਵਲਿ ਹੈ ਤਾਂ ਝਖਿ ਝਖਿ ਮਰੈ ਸਭ ਲੁੋਕਾਈ ॥ ਨਿੰਦਕਾ ਕੇ ਮੁਹ ਕਾਲੇ ਕਰੇ ਹਰਿ ਕਰਤੈ ਆਪਿ ਵਧਾਈ ॥ ਜਿਉ ਜਿਉ ਨਿੰਦਕ ਨਿੰਦ ਕਰਹਿ ਤਿਉ ਤਿਉ ਨਿਤ ਨਿਤ ਚੜੈ ਸਵਾਈ ॥ ਜਨ ਨਾਨਕ ਹਰਿ ਆਰਾਧਿਆ ਤਿਨਿ ਪੈਰੀ ਆਣਿ ਸਭ ਪਾਈ ॥੧॥ {ਪੰਨਾ 307}

ਪਦਅਰਥ:- ਝਖਿ ਝਖਿ—ਖਪ ਖਪ ਕੇ । ਲੁੋਕਾਈ—(ੁ) ਪੜ੍ਹਨਾ ਹੈ, ਅਸਲ ਪਾਠ ਹੈ 'ਲੋਕਾਈ', ਸ੍ਰਿਸ਼ਟੀ । ਕਰਤੈ—ਕਰਤੇ ਨੇ । ਚੜੈ ਸਵਾਈ—ਵਧਦੀ ਹੈ । ਤਿਨਿ—ਉਸ (ਪ੍ਰਭੂ) ਨੇ । ਆਣਿ—ਲਿਆ ਕੇ । ਸਭ—ਸਾਰੀ ਲੁਕਾਈ ।੧।

ਅਰਥ:- ਜਦੋਂ ਸੱਚਾ ਖਸਮ ਪ੍ਰਭੂ ਸਤਿਗੁਰੂ ਦਾ ਅੰਗ ਪਾਲਦਾ ਹੈ, ਤਾਂ ਸਾਰੀ ਦੁਨੀਆ (ਭਾਵੇਂ) ਪਈ ਝਖਾਂ ਮਾਰੇ (ਸਤਿਗੁਰੂ ਦਾ ਕੁਝ ਵਿਗਾੜ ਨਹੀਂ ਸਕਦੀ); ਸਤਿਗੁਰੂ ਦੀ ਵਡਿਆਈ ਸਿਰਜਣਹਾਰ ਨੇ ਆਪ ਵਧਾਈ ਹੈ ਤੇ ਦੋਖੀਆਂ ਦੇ ਮੂੰਹ ਕਾਲੇ ਕੀਤੇ ਹਨ । ਜਿਉਂ ਜਿਉਂ ਨਿੰਦਕ ਮਨੁੱਖ ਸਤਿਗੁਰੂ ਦੀ ਨਿੰਦਾ ਕਰਦੇ ਹਨ, ਤਿਉਂ ਤਿਉਂ ਸਤਿਗੁਰੂ ਦੀ ਵਡਿਆਈ ਵਧਦੀ ਹੈ । ਹੇ ਦਾਸ ਨਾਨਕ! (ਸਤਿਗੁਰੂ ਨੇ ਜਿਸ) ਪ੍ਰਭੂ ਦਾ ਸਿਮਰਨ ਕੀਤਾ ਹੈ, ਉਸ (ਪ੍ਰਭੂ) ਨੇ ਸਾਰੀ ਲੁਕਾਈ ਲਿਆ ਕੇ ਸਤਿਗੁਰੂ ਦੇ ਪੈਰਾਂ ਤੇ ਪਾ ਦਿੱਤੀ ਹੈ ।੧।

ਮਃ ੪ ॥ ਸਤਿਗੁਰ ਸੇਤੀ ਗਣਤ ਜਿ ਰਖੈ ਹਲਤੁ ਪਲਤੁ ਸਭੁ ਤਿਸ ਕਾ ਗਇਆ ॥ ਨਿਤ ਝਹੀਆ ਪਾਏ ਝਗੂ ਸੁਟੇ ਝਖਦਾ ਝਖਦਾ ਝੜਿ ਪਇਆ ॥ {ਪੰਨਾ 307}

ਪਦਅਰਥ:- ਗਣਤ—ਕਿੜ, ਵੈਰ । ਝਹੀਆ ਪਾਏ—ਕਚੀਚੀਆਂ ਵੱਟਦਾ ਹੈ । ਝਗੂ ਸੁਟੇ—ਹਲਕੇ ਕੁੱਤੇ ਵਾਂਗ ਬੁੱਕਾਂ ਸੁੱਟਦਾ ਹੈ ।

ਅਰਥ:- ਜੋ ਮਨੁੱਖ ਸਤਿਗੁਰੂ ਨਾਲ ਕਿੜ ਰੱਖਦਾ ਹੈ, ਉਸ ਦਾ ਲੋਕ ਤੇ ਪਰਲੋਕ ਸਮੁੱਚੇ ਹੀ ਵਿਅਰਥ ਜਾਂਦੇ ਹਨ । (ਉਸ ਦੀ ਪੇਸ਼ ਤਾਂ ਜਾਂਦੀ ਨਹੀਂ, ਇਸ ਕਰਕੇ ਉਹ) ਸਦਾ ਕਚੀਚੀਆਂ ਵੱਟਦਾ ਹੈ ਤੇ ਦੰਦ ਪੀਂਹਦਾ ਹੈ (ਤੇ ਅੰਤ ਨੂੰ) ਖਪਦਾ ਖਪਦਾ ਨਸ਼ਟ ਹੋ ਜਾਂਦਾ ਹੈ (ਆਤਮਕ ਮੌਤ ਸਹੇੜ ਲੈਂਦਾ ਹੈ) ।

ਨਿਤ ਉਪਾਵ ਕਰੈ ਮਾਇਆ ਧਨ ਕਾਰਣਿ ਅਗਲਾ ਧਨੁ ਭੀ ਉਡਿ ਗਇਆ ॥ ਕਿਆ ਓਹੁ ਖਟੇ ਕਿਆ ਓਹੁ ਖਾਵੈ ਜਿਸੁ ਅੰਦਰਿ ਸਹਸਾ ਦੁਖੁ ਪਇਆ ॥ {ਪੰਨਾ 307}

ਪਦਅਰਥ:- ਉਪਾਵ—ਵਿਓਂਤਾਂ । ਕਾਰਣਿ—ਵਾਸਤੇ । ਸਹਸਾ—ਤੌਖ਼ਲਾ ।

ਅਰਥ:- (ਸਤਿਗੁਰੂ ਦਾ ਉਹ ਦੋਖੀ) ਸਦਾ ਮਾਇਆ ਲਈ ਵਿਓਂਤਾਂ ਕਰਦਾ ਹੈ, ਪਰ ਉਸ ਦਾ ਅਗਲਾ (ਕਮਾਇਆ ਹੋਇਆ) ਭੀ ਹੱਥੋਂ ਜਾਂਦਾ ਰਹਿੰਦਾ ਹੈ । ਜਿਸ ਮਨੁੱਖ ਦੇ ਹਿਰਦੇ ਵਿਚ ਝੋਰਾ ਤੇ ਸਾੜਾ ਹੋਵੇ, ਉਸ ਨੇ ਖੱਟਣਾ ਕੀਹ ਤੇ ਖਾਣਾ ਕੀਹ? (ਭਾਵ, ਉਹ ਨਾ ਕੁਝ ਖੱਟ ਸਕਦਾ ਹੈ ਤੇ ਨਾ ਖੱਟੇ ਹੋਏ ਦਾ ਆਨੰਦ ਲੈ ਸਕਦਾ ਹੈ) ।

ਨਿਰਵੈਰੈ ਨਾਲਿ ਜਿ ਵੈਰੁ ਰਚਾਏ ਸਭੁ ਪਾਪੁ ਜਗਤੈ ਕਾ ਤਿਨਿ ਸਿਰਿ ਲਇਆ ॥ ਓਸੁ ਅਗੈ ਪਿਛੈ ਢੋਈ ਨਾਹੀ ਜਿਸੁ ਅੰਦਰਿ ਨਿੰਦਾ ਮੁਹਿ ਅੰਬੁ ਪਇਆ ॥ ਜੇ ਸੁਇਨੇ ਨੋ ਓਹੁ ਹਥੁ ਪਾਏ ਤਾ ਖੇਹੂ ਸੇਤੀ ਰਲਿ ਗਇਆ ॥ {ਪੰਨਾ 307}

ਪਦਅਰਥ:- ਸਿਰਿ—ਸਿਰ ਤੇ । ਅਗੈ ਪਿਛੈ—ਪਰਲੋਕ ਵਿਚ ਤੇ ਇਸ ਲੋਕ ਵਿਚ । ਮੁਹਿ—ਮੂੰਹ ਵਿਚ । ਅੰਬੁ—(ਭਾਵ) ਮਿਠਾਸ । ਖੇਹੂ ਸੇਤੀ—ਸੁਆਹ ਨਾਲ ।

ਅਰਥ:- ਜੋ ਮਨੁੱਖ ਨਿਰਵੈਰ ਨਾਲ ਵੈਰ ਕਰਦਾ ਹੈ ਉਹ ਸਾਰੇ ਸੰਸਾਰ ਦੇ ਪਾਪਾਂ (ਦਾ ਭਾਰ) ਆਪਣੇ ਸਿਰ ਤੇ ਲੈਂਦਾ ਹੈ, ਉਸ ਨੂੰ ਲੋਕ ਪਰਲੋਕ ਵਿਚ ਕੋਈ ਆਸਰਾ ਨਹੀਂ ਦੇਂਦਾ । ਜਿਸ ਦੇ ਹਿਰਦੇ ਵਿਚ ਤਾਂ ਨਿੰਦਾ ਹੋਵੇ, ਪਰ ਮੂੰਹ ਵਿਚ ਅੰਬ ਪਿਆ ਹੋਵੇ (ਭਾਵ, ਜੋ ਮੂੰਹੋਂ ਮਿੱਠਾ ਬੋਲੇ), ਇਹੋ ਜਿਹਾ ਖੋਟਾ ਮਨੁੱਖ ਜੇ ਸੋਨੇ ਨੂੰ ਹੱਥ ਪਾਏ ਉਹ ਭੀ ਸੁਆਹ ਨਾਲ ਰਲ ਜਾਂਦਾ ਹੈ ।

ਜੇ ਗੁਰ ਕੀ ਸਰਣੀ ਫਿਰਿ ਓਹੁ ਆਵੈ ਤਾ ਪਿਛਲੇ ਅਉਗਣ ਬਖਸਿ ਲਇਆ ॥ ਜਨ ਨਾਨਕ ਅਨਦਿਨੁ ਨਾਮੁ ਧਿਆਇਆ ਹਰਿ ਸਿਮਰਤ ਕਿਲਵਿਖ ਪਾਪ ਗਇਆ ॥੨॥ {ਪੰਨਾ 307}

ਅਰਥ:- ਫਿਰ ਭੀ (ਭਾਵ, ਇਹੋ ਜਿਹਾ ਪਾਪੀ ਹੁੰਦਿਆਂ ਭੀ) ਜੇ ਉਹ ਸਤਿਗੁਰੂ ਦੀ ਚਰਨੀਂ ਢਹਿ ਪਵੇ ਤਾਂ ਸਤਿਗੁਰੂ ਉਸ ਦੇ ਪਿਛਲੇ ਅਉਗੁਣਾਂ ਨੂੰ ਬਖ਼ਸ਼ ਦੇਂਦਾ ਹੈ । ਹੇ ਨਾਨਕ! ਜੋ ਮਨੁੱਖ (ਸਤਿਗੁਰੂ ਦੀ ਸਰਣਿ ਪੈ ਕੇ) ਹਰ ਰੋਜ਼ ਨਾਮ ਜਪਦਾ ਹੈ, ਪ੍ਰਭੂ ਨੂੰ ਸਿਮਰਦਿਆਂ ਉਸ ਦੇ ਸਾਰੇ ਪਾਪ ਦੂਰ ਹੋ ਜਾਂਦੇ ਹਨ ।੨।

ਪਉੜੀ ॥ ਤੂਹੈ ਸਚਾ ਸਚੁ ਤੂ ਸਭ ਦੂ ਉਪਰਿ ਤੂ ਦੀਬਾਣੁ ॥ ਜੋ ਤੁਧੁ ਸਚੁ ਧਿਆਇਦੇ ਸਚੁ ਸੇਵਨਿ ਸਚੇ ਤੇਰਾ ਮਾਣੁ ॥ ਓਨਾ ਅੰਦਰਿ ਸਚੁ ਮੁਖ ਉਜਲੇ ਸਚੁ ਬੋਲਨਿ ਸਚੇ ਤੇਰਾ ਤਾਣੁ ॥ ਸੇ ਭਗਤ ਜਿਨੀ ਗੁਰਮੁਖਿ ਸਾਲਾਹਿਆ ਸਚੁ ਸਬਦੁ ਨੀਸਾਣੁ ॥ ਸਚੁ ਜਿ ਸਚੇ ਸੇਵਦੇ ਤਿਨ ਵਾਰੀ ਸਦ ਕੁਰਬਾਣੁ ॥੧੩॥ {ਪੰਨਾ 307}

ਪਦਅਰਥ:- ਦੂ—ਤੋਂ । ਉਪਰਿ—ਵੱਡਾ । ਦੀਬਾਣੁ—ਆਸਰਾ । ਉਜਲੇ—ਖਿੜੇ ਹੋਏ । ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ । ਨੀਸਾਣੁ—ਨੀਸ਼ਾਨ, ਪਰਵਾਨਾ, ਰਾਹਦਾਰੀ ।੧੩।

ਅਰਥ:- ਹੇ ਸੱਚੇ ਪ੍ਰਭੂ! ਤੂੰ ਹੀ ਸਭ ਤੋਂ ਵੱਡਾ (ਜੀਵਾਂ ਦਾ) ਆਸਰਾ ਹੈਂ । ਜੋ ਤੇਰਾ ਸਿਮਰਨ ਕਰਦੇ ਹਨ, ਤੇਰੀ ਸੇਵਾ ਕਰਦੇ ਹਨ, ਉਹਨਾਂ ਨੂੰ ਤੇਰਾ ਹੀ ਮਾਣ ਹੈ । ਉਹਨਾਂ ਦੇ ਹਿਰਦੇ ਵਿਚ ਸੱਚ ਹੈ (ਇਸ ਕਰਕੇ ਉਹਨਾਂ ਦੇ) ਮੱਥੇ ਖਿੜੇ ਰਹਿੰਦੇ ਹਨ ਤੇ ਹੇ ਸੱਚੇ ਹਰੀ! ਉਹ ਤੇਰਾ ਸਦਾ-ਥਿਰ ਨਾਮ ਉਚਾਰਦੇ ਹਨ, ਤੇ ਤੇਰਾ ਉਹਨਾਂ ਨੂੰ ਤਾਣ ਹੈ । ਜੋ ਮਨੁੱਖ ਸਤਿਗੁਰੂ ਦੇ ਸਨਮੁਖ ਰਹਿ ਕੇ ਹਰੀ ਦੀ ਸਿਫ਼ਤਿ-ਸਾਲਾਹ ਕਰਦੇ ਹਨ, ਉਹੀ ਸੱਚੇ ਭਗਤ ਹਨ ਤੇ ਉਹਨਾਂ ਪਾਸ ਸੱਚਾ ਸ਼ਬਦ-ਰੂਪ ਨਿਸ਼ਾਨ ਹੈ । ਮੈਂ ਸਦਕੇ ਹਾਂ ਕੁਰਬਾਨ ਹਾਂ ਉਹਨਾਂ ਤੋਂ ਜੋ ਸੱਚੇ ਪ੍ਰਭੂ ਨੂੰ ਤਨੋਂ ਮਨੋਂ ਸਿਮਰਦੇ ਹਨ ।੧੩।

ਸਲੋਕ ਮਃ ੪ ॥ ਧੁਰਿ ਮਾਰੇ ਪੂਰੈ ਸਤਿਗੁਰੂ ਸੇਈ ਹੁਣਿ ਸਤਿਗੁਰਿ ਮਾਰੇ ॥ ਜੇ ਮੇਲਣ ਨੋ ਬਹੁਤੇਰਾ ਲੋਚੀਐ ਨ ਦੇਈ ਮਿਲਣ ਕਰਤਾਰੇ ॥ ਸਤਸੰਗਤਿ ਢੋਈ ਨਾ ਲਹਨਿ ਵਿਚਿ ਸੰਗਤਿ ਗੁਰਿ ਵੀਚਾਰੇ ॥ ਕੋਈ ਜਾਇ ਮਿਲੈ ਹੁਣਿ ਓਨਾ ਨੋ ਤਿਸੁ ਮਾਰੇ ਜਮੁ ਜੰਦਾਰੇ ॥ {ਪੰਨਾ 307}

ਪਦਅਰਥ:- ਧੁਰਿ—ਧੁਰ ਤੋਂ । ਸਤਿਗੁਰਿ—ਗੁਰੂ ਨੇ । ਜੰਦਾਰ—ਅਵੈੜਾ ।

ਅਰਥ:- ਜੇਹੜੇ ਪਹਿਲਾਂ ਤੋਂ ਹੀ ਪੂਰੇ ਸਤਿਗੁਰੂ ਨੇ ਫਿਟਕਾਰੇ ਹਨ, ਉਹ ਹੁਣ (ਫਿਰ) ਸਤਿਗੁਰੂ ਵਲੋਂ ਮਾਰੇ ਗਏ ਹਨ (ਭਾਵ, ਸਤਿਗੁਰੂ ਵਲੋਂ ਮਨਮੁਖ ਹੋਏ ਹਨ) । ਜੇ ਉਹਨਾਂ ਨੂੰ (ਸਤਿਗੁਰੂ ਨਾਲ) ਮੇਲਣ ਲਈ ਬਥੇਰੀ ਤਾਂਘ ਭੀ ਕਰੀਏ (ਤਾਂ ਭੀ) ਸਿਰਜਣਹਾਰ ਉਹਨਾਂ ਨੂੰ ਮਿਲਣ ਨਹੀਂ ਦੇਂਦਾ । ਉਹਨਾਂ ਨੂੰ ਸਤਸੰਗ ਵਿਚ ਭੀ ਢੋਈ ਨਹੀਂ ਮਿਲਦੀ—ਗੁਰੂ ਨੇ ਭੀ ਸੰਗਤਿ ਵਿਚ ਏਹੀ ਵਿਚਾਰ ਕੀਤੀ ਹੈ । ਐਸ ਵੇਲੇ ਜੇ ਕੋਈ ਉਹਨਾਂ ਦਾ ਜਾ ਕੇ ਸਾਥੀ ਬਣੇ, ਉਸ ਨੂੰ ਭੀ ਜਮਦੂਤ ਤਾੜਨਾ ਕਰਦਾ ਹੈ (ਉਹ ਮਨੁੱਖ ਭੀ ਮਨ-ਮੁਖਤਾ ਵਾਲੇ ਕੰਮ ਹੀ ਕਰੇਗਾ, ਜਿਸ ਕਰਕੇ ਜੰਮ-ਮਾਰਗ ਦਾ ਭਾਗੀ ਬਣੇਗਾ) ।

ਗੁਰਿ ਬਾਬੈ ਫਿਟਕੇ ਸੇ ਫਿਟੇ ਗੁਰਿ ਅੰਗਦਿ ਕੀਤੇ ਕੂੜਿਆਰੇ ॥ ਗੁਰਿ ਤੀਜੀ ਪੀੜੀ ਵੀਚਾਰਿਆ ਕਿਆ ਹਥਿ ਏਨਾ ਵੇਚਾਰੇ ॥ ਗੁਰੁ ਚਉਥੀ ਪੀੜੀ ਟਿਕਿਆ ਤਿਨਿ ਨਿੰਦਕ ਦੁਸਟ ਸਭਿ ਤਾਰੇ ॥ {ਪੰਨਾ 307}

ਪਦਅਰਥ:- ਫਿਟਕੇ—ਫਿਟਕਾਰ ਪਾਈ । ਸੇ ਫਿਟੇ—ਉਹ ਫਿੱਟੇ ਹੋਏ ਅੰਹਕਾਰੀ ।

ਅਰਥ:- ਜਿਨ੍ਹਾਂ ਮਨੁੱਖਾਂ ਨੂੰ ਬਾਬੇ (ਗੁਰੂ ਨਾਨਕ ਦੇਵ) ਨੇ ਮਨਮੁਖ ਕਰਾਰ ਦਿੱਤਾ, ਉਹਨਾਂ ਅਹੰਕਾਰੀਆਂ ਨੂੰ ਗੁਰੂ ਅੰਗਦ ਨੇ ਭੀ ਝੂਠਾ ਮਿਥਿਆ । ਤੀਜੇ ਥਾਂ ਬੈਠੇ ਗੁਰੂ ਨੇ, ਜਿਸ ਨੇ ਚੌਥੇ ਥਾਂ ਬੈਠੇ ਨੂੰ ਗੁਰੂ ਥਾਪਿਆ, ਵਿਚਾਰ ਕੀਤੀ ਕਿ ਇਹਨਾਂ ਕੰਗਾਲਾਂ ਦੇ ਕੀਹ ਵੱਸ? ਸੋ ਉਸ ਨੇ ਸਾਰੇ ਨਿੰਦਕ ਤੇ ਦੁਸ਼ਟ ਤਾਰ ਦਿੱਤੇ (ਭਾਵ, ਅਹੰਕਾਰ ਤੇ ਫਿਟੇਵੇਂ ਤੋਂ ਬਚਾ ਲਏ) ।

ਕੋਈ ਪੁਤੁ ਸਿਖੁ ਸੇਵਾ ਕਰੇ ਸਤਿਗੁਰੂ ਕੀ ਤਿਸੁ ਕਾਰਜ ਸਭਿ ਸਵਾਰੇ ॥ ਜੋ ਇਛੈ ਸੋ ਫਲੁ ਪਾਇਸੀ ਪੁਤੁ ਧਨੁ ਲਖਮੀ ਖੜਿ ਮੇਲੇ ਹਰਿ ਨਿਸਤਾਰੇ ॥ ਸਭਿ ਨਿਧਾਨ ਸਤਿਗੁਰੂ ਵਿਚਿ ਜਿਸੁ ਅੰਦਰਿ ਹਰਿ ਉਰ ਧਾਰੇ ॥ {ਪੰਨਾ 307}

ਪਦਅਰਥ:- ਸਭਿ—ਸਾਰੇ । ਖੜਿ—ਖੜ ਕੇ, ਲੈ ਜਾ ਕੇ । ਉਰ—ਹਿਰਦਾ ।

ਅਰਥ:- ਪੁੱਤਰ ਹੋਵੇ ਚਾਹੇ ਸਿੱਖ, ਜੋ ਕੋਈ (ਭੀ) ਸਤਿਗੁਰੂ ਦੀ ਸੇਵਾ ਕਰਦਾ ਹੈ ਸਤਿਗੁਰੂ ਉਸ ਦੇ ਸਾਰੇ ਕਾਰਜ ਸਵਾਰਦਾ ਹੈ—ਪੁੱਤਰ, ਧਨ, ਲੱਛਮੀ, ਜਿਸ ਭੀ ਸ਼ੈ ਦੀ ਉਹ ਇੱਛਾ ਕਰੇ, ਉਹੀ ਫਲ ਉਸ ਨੂੰ ਮਿਲਦਾ ਹੈ, (ਸਤਿਗੁਰੂ) ਉਸ ਨੂੰ ਲੈ ਜਾ ਕੇ (ਪ੍ਰਭੂ ਨਾਲ) ਮੇਲਦਾ ਹੈ ਤੇ ਪ੍ਰਭੂ (ਉਸ ਨੂੰ) ਪਾਰ ਉਤਾਰਦਾ ਹੈ । (ਮੁਕਦੀ ਗੱਲ), ਜਿਸ ਸਤਿਗੁਰੂ ਦੇ ਹਿਰਦੇ ਵਿਚ ਪ੍ਰਭੂ ਟਿਕਿਆ ਹੋਇਆ ਹੈ, ਉਸ ਵਿਚ ਸਾਰੇ ਖ਼ਜ਼ਾਨੇ ਹਨ ।

ਸੋ ਪਾਏ ਪੂਰਾ ਸਤਿਗੁਰੂ ਜਿਸੁ ਲਿਖਿਆ ਲਿਖਤੁ ਲਿਲਾਰੇ ॥ ਜਨੁ ਨਾਨਕੁ ਮਾਗੈ ਧੂੜਿ ਤਿਨ ਜੋ ਗੁਰਸਿਖ ਮਿਤ ਪਿਆਰੇ ॥੧॥ {ਪੰਨਾ 307}

ਪਦਅਰਥ:- ਲਿਲਾਰੇ—ਮੱਥੇ ਤੇ ।੧।

ਅਰਥ:- ਜਿਸ (ਮਨੁੱਖ) ਦੇ ਮੱਥੇ ਤੇ (ਪਿਛਲੇ ਕੀਤੇ ਚੰਗੇ ਕੰਮਾਂ ਦੇ ਸੰਸਕਾਰ-ਰੂਪੀ) ਲੇਖ ਲਿਖੇ ਹੋਏ ਹਨ, ਉਹ ਪੂਰੇ ਸਤਿਗੁਰੂ ਨੂੰ ਮਿਲ ਪੈਂਦਾ ਹੈ । (ਇਹੋ ਜਿਹੇ) ਜੋ ਮਿੱਤਰ ਪਿਆਰੇ ਗੁਰੂ ਕੇ ਸਿੱਖ ਹਨ, ਉਹਨਾਂ ਦੇ ਚਰਨਾਂ ਦੀ ਧੂੜ ਦਾਸ ਨਾਨਕ (ਭੀ) ਮੰਗਦਾ ਹੈ ।੧।

ਮਃ ੪ ॥ ਜਿਨ ਕਉ ਆਪਿ ਦੇਇ ਵਡਿਆਈ ਜਗਤੁ ਭੀ ਆਪੇ ਆਣਿ ਤਿਨ ਕਉ ਪੈਰੀ ਪਾਏ ॥ ਡਰੀਐ ਤਾਂ ਜੇ ਕਿਛੁ ਆਪ ਦੂ ਕੀਚੈ ਸਭੁ ਕਰਤਾ ਆਪਣੀ ਕਲਾ ਵਧਾਏ ॥ {ਪੰਨਾ 308}

ਅਰਥ:- ਜਿਨ੍ਹਾਂ ਨੂੰ ਪ੍ਰਭੂ ਆਪ ਵਡਿਆਈ ਬਖ਼ਸ਼ਦਾ ਹੈ, ਉਹਨਾਂ ਦੀ ਚਰਨੀਂ ਸਾਰੇ ਸੰਸਾਰ ਨੂੰ ਭੀ ਲਿਆ ਕੇ ਪਾਂਦਾ ਹੈ; (ਇਸ ਵਡਿਆਈ ਨੂੰ ਆਉਂਦਾ ਵੇਖ ਕੇ) ਤਦ ਡਰੀਏ, ਜੇ ਅਸੀ ਕੁਝ ਆਪਣੇ ਵਲੋਂ ਕਰਦੇ ਹੋਵੀਏ, ਇਹ ਤਾਂ ਕਰਤਾਰ ਆਪਣੀ ਕਲਾ ਆਪ ਵਧਾ ਰਿਹਾ ਹੈ ।

ਦੇਖਹੁ ਭਾਈ ਏਹੁ ਅਖਾੜਾ ਹਰਿ ਪ੍ਰੀਤਮ ਸਚੇ ਕਾ ਜਿਨਿ ਆਪਣੈ ਜੋਰਿ ਸਭਿ ਆਣਿ ਨਿਵਾਏ ॥ ਆਪਣਿਆ ਭਗਤਾ ਕੀ ਰਖ ਕਰੇ ਹਰਿ ਸੁਆਮੀ ਨਿੰਦਕਾ ਦੁਸਟਾ ਕੇ ਮੁਹ ਕਾਲੇ ਕਰਾਏ ॥ ਸਤਿਗੁਰ ਕੀ ਵਡਿਆਈ ਨਿਤ ਚੜੈ ਸਵਾਈ ਹਰਿ ਕੀਰਤਿ ਭਗਤਿ ਨਿਤ ਆਪਿ ਕਰਾਏ ॥ {ਪੰਨਾ 308}

ਪਦਅਰਥ:- ਆਪਣੈ ਜੋਰਿ—ਆਪਣੇ ਬਲ ਨਾਲ । ਮੁਹ ਕਾਲੇ ਕਰਾਏ—ਸ਼ਰਮਿੰਦਗੀ ਦੇਂਦਾ ਹੈ । ਚੜੈ ਸਵਾਈ—ਵਧਦੀ ਹੈ । ਕੀਰਤਿ—ਸੋਭਾ, ਵਡਿਆਈ । ਭਗਤਿ—ਬੰਦਗੀ ।

ਅਰਥ:- ਹੇ ਭਾਈ! ਚੇਤਾ ਰੱਖੋ, ਜਿਸ ਪ੍ਰਭੂ ਨੇ ਆਪਣੇ ਬਲ ਨਾਲ ਸਭ ਜੀਵਾਂ ਨੂੰ ਲਿਆ ਕੇ (ਸਤਿਗੁਰੂ ਦੇ ਅੱਗੇ) ਨਿਵਾਇਆ ਹੈ, ਉਸ ਸੱਚੇ ਪ੍ਰੀਤਮ ਦਾ ਇਹ ਸੰਸਾਰ (ਇਕ) ਅਖਾੜਾ ਹੈ, (ਜਿਸ ਵਿਚ) ਉਹ ਸੁਆਮੀ ਪ੍ਰਭੂ ਆਪਣੇ ਭਗਤਾਂ ਦੀ ਰੱਖਿਆ ਕਰਦਾ ਹੈ ਤੇ ਨਿੰਦਕਾਂ ਦੁਸ਼ਟਾਂ ਦੇ ਮੂੰਹ ਕਾਲੇ ਕਰਾਉਂਦਾ ਹੈ । ਸਤਿਗੁਰੂ ਦੀ ਮਹਿਮਾ ਸਦਾ ਵਧਦੀ ਹੈ ਕਿਉਂਕਿ ਹਰੀ ਆਪਣੀ ਕੀਰਤੀ ਤੇ ਭਗਤੀ ਸਦਾ ਆਪ ਸਤਿਗੁਰੂ ਪਾਸੋਂ ਕਰਾਉਂਦਾ ਹੈ

।

ਅਨਦਿਨੁ ਨਾਮੁ ਜਪਹੁ ਗੁਰਸਿਖਹੁ ਹਰਿ ਕਰਤਾ ਸਤਿਗੁਰੁ ਘਰੀ ਵਸਾਏ ॥ ਸਤਿਗੁਰ ਕੀ ਬਾਣੀ ਸਤਿ ਸਤਿ ਕਰਿ ਜਾਣਹੁ ਗੁਰਸਿਖਹੁ ਹਰਿ ਕਰਤਾ ਆਪਿ ਮੁਹਹੁ ਕਢਾਏ ॥ {ਪੰਨਾ 308}

ਅਰਥ:- ਹੇ ਗੁਰ-ਸਿਖੋ! ਹਰ ਰੋਜ਼ (ਭਾਵ, ਹਰ ਵੇਲੇ) ਨਾਮ ਜਪੋ (ਤਾ ਕਿ) ਸਿਰਜਨਹਾਰ ਹਰੀ (ਇਹੋ ਜਿਹਾ) ਸਤਿਗੁਰੂ (ਤੁਹਾਡੇ) ਹਿਰਦੇ ਵਿਚ ਵਸਾ ਦੇਵੇ । ਹੇ ਗੁਰ-ਸਿਖੋ! ਸਤਿਗੁਰੂ ਦੀ ਬਾਣੀ ਨਿਰੋਲ ਸੱਚ ਸਮਝੋ (ਕਿਉਂਕਿ) ਸਿਰਜਨਹਾਰ ਪ੍ਰਭੂ ਆਪ ਇਹ ਬਾਣੀ ਸਤਿਗੁਰੂ ਦੇ ਮੂੰਹ ਤੋਂ ਅਖਵਾਂਦਾ ਹੈ ।

ਗੁਰਸਿਖਾ ਕੇ ਮੁਹ ਉਜਲੇ ਕਰੇ ਹਰਿ ਪਿਆਰਾ ਗੁਰ ਕਾ ਜੈਕਾਰੁ ਸੰਸਾਰਿ ਸਭਤੁ ਕਰਾਏ ॥ ਜਨੁ ਨਾਨਕੁ ਹਰਿ ਕਾ ਦਾਸੁ ਹੈ ਹਰਿ ਦਾਸਨ ਕੀ ਹਰਿ ਪੈਜ ਰਖਾਏ ॥੨॥ {ਪੰਨਾ 308}

ਪਦਅਰਥ:- ਸੰਸਾਰਿ—ਸੰਸਾਰ ਵਿਚ । ਸਭਤੁ—ਹਰ ਥਾਂ । ਪੈਜ—ਲਾਜ ।੨।

ਅਰਥ:- ਪਿਆਰਾ ਹਰੀ ਗੁਰ-ਸਿੱਖਾਂ ਦੇ ਮੂੰਹ ਉਜਲੇ ਕਰਦਾ ਹੈ ਤੇ ਸੰਸਾਰ ਵਿਚ ਸਭਨੀਂ ਪਾਸੀਂ ਸਤਿਗੁਰੂ ਦੀ ਜਿੱਤ ਕਰਾਉਂਦਾ ਹੈ । ਦਾਸ ਨਾਨਕ ਭੀ ਪ੍ਰਭੂ ਦਾ ਸੇਵਕ ਹੈ; ਪ੍ਰਭੂ ਆਪਣੇ ਦਾਸਾਂ ਦੀ ਲਾਜ ਆਪ ਰੱਖਦਾ ਹੈ ।੨।

ਪਉੜੀ ॥ ਤੂ ਸਚਾ ਸਾਹਿਬੁ ਆਪਿ ਹੈ ਸਚੁ ਸਾਹ ਹਮਾਰੇ ॥ ਸਚੁ ਪੂਜੀ ਨਾਮੁ ਦ੍ਰਿੜਾਇ ਪ੍ਰਭ ਵਣਜਾਰੇ ਥਾਰੇ ॥ ਸਚੁ ਸੇਵਹਿ ਸਚੁ ਵਣੰਜਿ ਲੈਹਿ ਗੁਣ ਕਥਹ ਨਿਰਾਰੇ ॥ ਸੇਵਕ ਭਾਇ ਸੇ ਜਨ ਮਿਲੇ ਗੁਰ ਸਬਦਿ ਸਵਾਰੇ ॥ ਤੂ ਸਚਾ ਸਾਹਿਬੁ ਅਲਖੁ ਹੈ ਗੁਰ ਸਬਦਿ ਲਖਾਰੇ ॥੧੪॥ {ਪੰਨਾ 308}

ਪਦਅਰਥ:- ਦ੍ਰਿੜਾਇ—ਦ੍ਰਿੜ ਕਰਾ, ਨਿਸਚੇ ਕਰਾ । ਸੇਵਕ ਭਾਇ—ਦਾਸ-ਭਾਵਨਾ ਨਾਲ ।੧੪।

ਅਰਥ:- ਹੇ ਸਾਡੇ ਸਦਾ-ਥਿਰ ਰਹਿਣ ਵਾਲੇ ਸ਼ਾਹ! ਤੂੰ ਆਪ ਹੀ ਸੱਚਾ ਮਾਲਕ ਹੈਂ, ਹੇ ਪ੍ਰਭੂ! ਅਸੀ ਤੇਰੇ ਵਣਜਾਰੇ ਹਾਂ, ਸਾਨੂੰ ਇਹ ਨਿਸਚੇ ਕਰਾ ਕਿ ਨਾਮ ਦੀ ਪੂੰਜੀ ਸਦਾ ਕਾਇਮ ਰਹਿਣ ਵਾਲੀ ਹੈ । ਉਹ ਮਨੁੱਖ ਸਤਿਗੁਰੂ ਦੇ ਸ਼ਬਦ ਦੁਆਰਾ ਸੁਧਰ ਕੇ ਸੇਵਕ ਸੁਭਾਉ ਵਾਲੇ ਹੋ ਕੇ ਉਸ ਪ੍ਰਭੂ ਨੂੰ ਮਿਲਦੇ ਹਨ ਜੋ ਸਦਾ-ਥਿਰ ਨਾਮ ਸਿਮਰਦੇ ਹਨ, ਸੱਚੇ ਨਾਮ ਦਾ ਸਉਦਾ ਖ਼ਰੀਦਦੇ ਹਨ ਤੇ ਨਿਰਾਲੇ ਪ੍ਰਭੂ ਦੇ ਗੁਣ ਉਚਾਰਦੇ ਹਨ । ਹੇ ਹਰੀ! ਤੂੰ ਸੱਚਾ ਮਾਲਕ ਹੈਂ, ਤੈਨੂੰ ਕੋਈ ਸਮਝ ਨਹੀਂ ਸਕਦਾ (ਪਰ) ਸਤਿਗੁਰੂ ਦੇ ਸ਼ਬਦ ਦੁਆਰਾ ਤੇਰੀ ਸੂਝ ਪੈਂਦੀ ਹੈ ।੧੪।

ਸਲੋਕ ਮਃ ੪ ॥ ਜਿਸੁ ਅੰਦਰਿ ਤਾਤਿ ਪਰਾਈ ਹੋਵੈ ਤਿਸ ਦਾ ਕਦੇ ਨ ਹੋਵੀ ਭਲਾ ॥ ਓਸ ਦੈ ਆਖਿਐ ਕੋਈ ਨ ਲਗੈ ਨਿਤ ਓਜਾੜੀ ਪੂਕਾਰੇ ਖਲਾ ॥ {ਪੰਨਾ 308}

ਪਦਅਰਥ:- ਜਿਸ ਦੇ ਹਿਰਦੇ ਵਿਚ ਪਰਾਈ ਈਰਖਾ ਹੋਵੇ, ਉਸ ਦਾ ਆਪਣਾ ਭੀ ਕਦੇ ਭਲਾ ਨਹੀਂ ਹੁੰਦਾ, ਉਸ ਦੇ ਬਚਨ ਤੇ ਕੋਈ ਇਤਬਾਰ ਨਹੀਂ ਕਰਦਾ, ਉਹ ਸਦਾ (ਮਾਨੋ) ਉਜਾੜ ਵਿਚ ਖਲੋਤਾ ਕੂਕਦਾ ਹੈ ।

ਜਿਸੁ ਅੰਦਰਿ ਚੁਗਲੀ ਚੁਗਲੋ ਵਜੈ ਕੀਤਾ ਕਰਤਿਆ ਓਸ ਦਾ ਸਭੁ ਗਇਆ ॥ ਨਿਤ ਚੁਗਲੀ ਕਰੇ ਅਣਹੋਦੀ ਪਰਾਈ ਮੁਹੁ ਕਢਿ ਨ ਸਕੈ ਓਸ ਦਾ ਕਾਲਾ ਭਇਆ ॥ {ਪੰਨਾ 308}

ਪਦਅਰਥ:- ਵਜੈ—ਵੱਜੈ, ਮਸ਼ਹੂਰ ਹੋ ਜਾਂਦਾ ਹੈ । ਅਣਹੋਦੀ—ਝੂਠੀ, ਜਿਸ ਦੀ ਅਸਲੀਅਤ ਨਹੀਂ ਹੈ ।

ਅਰਥ:- ਜਿਸ ਮਨੁੱਖ ਦੇ ਹਿਰਦੇ ਵਿਚ ਚੁਗ਼ਲੀ ਹੁੰਦੀ ਹੈ ਉਹ ਚੁਗ਼ਲ (ਦੇ ਨਾਮ ਨਾਲ) ਹੀ ਮਸ਼ਹੂਰ ਹੋ ਜਾਂਦਾ ਹੈ, ਉਸ ਦੀ (ਪਿਛਲੀ) ਸਾਰੀ ਕੀਤੀ ਹੋਈ ਕਮਾਈ ਵਿਅਰਥ ਜਾਂਦੀ ਹੈ, ਉਹ ਸਦਾ ਪਰਾਈ ਝੂਠੀ ਚੁਗ਼ਲੀ ਕਰਦਾ ਹੈ, ਇਸ ਮੁਕਾਲਖ ਕਰਕੇ ਉਹ ਕਿਸੇ ਦੇ ਮੱਥੇ ਭੀ ਨਹੀਂ ਲੱਗ ਸਕਦਾ (ਉਸ ਦਾ ਮੂੰਹ ਕਾਲਾ ਹੋ ਜਾਂਦਾ ਹੈ ਤੇ ਵਿਖਾ ਨਹੀਂ ਸਕਦਾ) ।

ਕਰਮ ਧਰਤੀ ਸਰੀਰੁ ਕਲਿਜੁਗ ਵਿਚਿ ਜੇਹਾ ਕੋ ਬੀਜੇ ਤੇਹਾ ਕੋ ਖਾਏ ॥ ਗਲਾ ਉਪਰਿ ਤਪਾਵਸੁ ਨ ਹੋਈ ਵਿਸੁ ਖਾਧੀ ਤਤਕਾਲ ਮਰਿ ਜਾਏ ॥ {ਪੰਨਾ 308}

ਪਦ ਅਰਥ:- ਤਪਾਵਸੁ—ਨਿਆਂ, ਨਿਬੇੜਾ । ਵਿਸੁ—ਜ਼ਹਿਰ ।

ਅਰਥ:- ਇਸ ਮਨੁੱਖਾ ਜਨਮ ਵਿਚ ਸਰੀਰ ਕਰਮ-(ਰੂਪ ਬੀਜ ਬੀਜਣ ਲਈ) ਭੁੰਏਂ ਹੈ, ਇਸ ਵਿਚ ਜਿਸ ਤਰ੍ਹਾਂ ਦਾ ਬੀਜ ਮਨੁੱਖ ਬੀਜਦਾ ਹੈ, ਉਸੇ ਤਰ੍ਹਾਂ ਦਾ ਫਲ ਖਾਂਦਾ ਹੈ (ਕੀਤੇ ਕਰਮਾਂ ਦਾ ਨਿਬੇੜਾ ਗੱਲਾਂ ਉਤੇ ਨਹੀਂ ਹੁੰਦਾ, ਜੇ ਵਿਹੁ ਖਾਧੀ ਜਾਏ ਤਾਂ (ਅੰਮ੍ਰਿਤ ਦੀਆਂ ਗੱਲਾਂ ਕਰਦਿਆਂ ਭੀ ਮਨੁੱਖ ਬਚ ਨਹੀਂ ਸਕਦਾ) ਤੁਰੰਤ ਮਰ ਜਾਂਦਾ ਹੈ ।

ਭਾਈ ਵੇਖਹੁ ਨਿਆਉ ਸਚੁ ਕਰਤੇ ਕਾ ਜੇਹਾ ਕੋਈ ਕਰੇ ਤੇਹਾ ਕੋਈ ਪਾਏ ॥ ਜਨ ਨਾਨਕ ਕਉ ਸਭ ਸੋਝੀ ਪਾਈ ਹਰਿ ਦਰ ਕੀਆ ਬਾਤਾ ਆਖਿ ਸੁਣਾਏ ॥੧॥ {ਪੰਨਾ 308}

ਅਰਥ:- ਹੇ ਭਾਈ! ਸੱਚੇ ਪ੍ਰਭੂ ਦਾ ਨਿਆਉਂ ਵੇਖੋ, ਜਿਸ ਤਰ੍ਹਾਂ ਦਾ ਕੋਈ ਕੰਮ ਕਰਦਾ ਹੈ, ਓਹੋ ਜਿਹਾ ਉਸ ਦਾ ਫਲ ਪਾ ਲੈਂਦਾ ਹੈ । ਹੇ ਨਾਨਕ! ਜਿਸ ਦਾਸ ਨੂੰ ਪ੍ਰਭੂ ਇਹ ਸਮਝਣ ਦੀ ਸਾਰੀ ਬੁਧਿ ਬਖ਼ਸ਼ਦਾ ਹੈ, ਉਹ ਪ੍ਰਭੂ ਦੇ ਦਰ ਦੀਆਂ ਇਹ ਗੱਲਾਂ ਕਰ ਕੇ ਸੁਣਾਉਂਦਾ ਹੈ ।੧।

ਮਃ ੪ ॥ ਹੋਦੈ ਪਰਤਖਿ ਗੁਰੂ ਜੋ ਵਿਛੁੜੇ ਤਿਨ ਕਉ ਦਰਿ ਢੋਈ ਨਾਹੀ ॥ ਕੋਈ ਜਾਇ ਮਿਲੈ ਤਿਨ ਨਿੰਦਕਾ ਮੁਹ ਫਿਕੇ ਥੁਕ ਥੁਕ ਮੁਹਿ ਪਾਹੀ ॥ ਜੋ ਸਤਿਗੁਰਿ ਫਿਟਕੇ ਸੇ ਸਭ ਜਗਤਿ ਫਿਟਕੇ ਨਿਤ ਭੰਭਲ ਭੂਸੇ ਖਾਹੀ ॥ {ਪੰਨਾ 308}

ਪਦਅਰਥ:- ਹੋਦੈ—ਹੁੰਦਿਆਂ । ਦਰਿ—(ਪ੍ਰਭੂ ਦੇ) ਦਰ ਤੇ । ਢੋਈ—ਆਸਰਾ । ਫਿਕੇ—ਭਰਿਸ਼ਟੇ ਹੋਏ । ਸਤਿਗੁਰਿ—ਗੁਰੂ ਵਲੋਂ । ਫਿਟਕੇ—ਫਿਟਕਾਰੇ ਹੋਏ, ਵਿਛੜੇ ਹੋਏ । ਭੰਭਲਭੂਸੇ—ਡੱਕੋ-ਡੋਲੇ ।

ਅਰਥ:- ਸਤਿਗੁਰੂ ਦੇ ਪਰਤੱਖ ਹੁੰਦਿਆਂ ਭੀ ਜੋ ਨਿੰਦਕ (ਗੁਰ ਤੋਂ) ਵਿੱਛੜੇ ਰਹਿੰਦੇ ਹਨ, ਉਹਨਾਂ ਨੂੰ ਦਰਗਾਹ ਵਿਚ ਢੋਈ ਨਹੀਂ ਮਿਲਦੀ । ਜੋ ਕੋਈ ਉਹਨਾਂ ਦਾ ਸੰਗ ਭੀ ਕਰਦਾ ਹੈ ਉਸ ਦਾ ਭੀ ਮੂੰਹ ਫਿੱਕਾ ਤੇ ਮੂੰਹ ਤੇ ਨਿਰੀ ਥੁੱਕ ਪੈਂਦੀ ਹੈ (ਭਾਵ, ਲੋਕ ਮੂੰਹ ਤੇ ਫਿਟਕਾਂ ਪਾਂਦੇ ਹਨ) (ਕਿਉਂਕਿ) ਜੋ ਮਨੁੱਖ ਗੁਰੂ ਵਲੋਂ ਵਿੱਛੜੇ ਹੋਏ ਹਨ, ਉਹ ਸੰਸਾਰ ਵਿਚ ਭੀ ਫਿਟਕਾਰੇ ਹੋਏ ਹਨ ਤੇ ਸਦਾ ਡਕੋ-ਡੋਲੇ ਖਾਂਦੇ ਫਿਰਦੇ ਹਨ ।

ਜਿਨ ਗੁਰੁ ਗੋਪਿਆ ਆਪਣਾ ਸੇ ਲੈਦੇ ਢਹਾ ਫਿਰਾਹੀ ॥ ਤਿਨ ਕੀ ਭੁਖ ਕਦੇ ਨ ਉਤਰੈ ਨਿਤ ਭੁਖਾ ਭੁਖ ਕੂਕਾਹੀ ॥ ਓਨਾ ਦਾ ਆਖਿਆ ਕੋ ਨਾ ਸੁਣੈ ਨਿਤ ਹਉਲੇ ਹਉਲਿ ਮਰਾਹੀ ॥ {ਪੰਨਾ 308}

ਪਦਅਰਥ:- ਗੋਪਿਆ—ਨਿੰਦਾ ਕੀਤੀ ਹੈ । ਢਹਾ—ਢਾਹਾਂ । ਭੁਖ—ਤ੍ਰਿਸ਼ਨਾ । ਹਉਲਿ—ਹਉਲ ਵਿਚ, ਧੁੜਕੂ ਵਿਚ । ਹਉਲੇ—ਹਉਲ ਵਿਚ ਹੀ ।

ਅਰਥ:- ਜੋ ਮਨੁੱਖ ਪਿਆਰੇ ਸਤਿਗੁਰੂ ਦੀ ਨਿੰਦਾ ਕਰਦੇ ਹਨ, ਉਹ ਸਦਾ (ਮਾਨੋ) ਢਾਹਾਂ ਮਾਰਦੇ ਫਿਰਦੇ ਹਨ । ਉਹਨਾਂ ਦੀ ਤ੍ਰਿਸ਼ਨਾ ਕਦੇ ਨਹੀਂ ਉਤਰਦੀ, ਤੇ ਸਦਾ ਭੁੱਖ ਭੁੱਖ ਕੂਕਦੇ ਹਨ, ਕੋਈ ਉਹਨਾਂ ਦੀ ਗੱਲ ਦਾ ਇਤਬਾਰ ਨਹੀਂ ਕਰਦਾ (ਇਸ ਕਰਕੇ) ਉਹ ਸਦਾ ਚਿੰਤਾ ਫ਼ਿਕਰ ਵਿਚ ਹੀ ਖਪਦੇ ਹਨ ।

ਸਤਿਗੁਰ ਕੀ ਵਡਿਆਈ ਵੇਖਿ ਨ ਸਕਨੀ ਓਨਾ ਅਗੈ ਪਿਛੈ ਥਾਉ ਨਾਹੀ ॥ ਜੋ ਸਤਿਗੁਰਿ ਮਾਰੇ ਤਿਨ ਜਾਇ ਮਿਲਹਿ ਰਹਦੀ ਖੁਹਦੀ ਸਭ ਪਤਿ ਗਵਾਹੀ ॥ ਓਇ ਅਗੈ ਕੁਸਟੀ ਗੁਰ ਕੇ ਫਿਟਕੇ ਜਿ ਓਸੁ ਮਿਲੈ ਤਿਸੁ ਕੁਸਟੁ ਉਠਾਹੀ ॥ {ਪੰਨਾ 308-309}

ਪਦਅਰਥ:- ਅਗੈ—ਅੱਗੇ, ਪਰਲੋਕ ਵਿਚ । ਸਤਿਗੁਰਿ—ਗੁਰੂ ਵਲੋਂ । ਪਤਿ—ਇੱਜ਼ਤ । ਫਿਟਕੇ—ਫਿਟਕਾਰੇ ਹੋਏ । ਜਿ—ਜੇਹੜਾ ਮਨੁੱਖ । ਉਠਾਹੀ—ਚਮੋੜ ਦੇਂਦੇ ਹਨ ।

ਅਰਥ:- ਜੋ ਮਨੁੱਖ ਸਤਿਗੁਰੂ ਦੀ ਮਹਿਮਾ ਜਰ ਨਹੀਂ ਸਕਦੇ, ਉਹਨਾਂ ਨੂੰ ਲੋਕ ਪਰਲੋਕ ਵਿਚ ਟਿਕਾਣਾ ਨਹੀਂ ਮਿਲਦਾ । ਗੁਰੂ ਤੋਂ ਜੋ ਵਿੱਛੜੇ ਹਨ, ਉਹਨਾਂ ਨੂੰ ਜੋ ਮਨੁੱਖ ਜਾ ਮਿਲਦੇ ਹਨ, ਉਹ ਭੀ ਆਪਣੀ ਮਾੜੀ ਮੋਟੀ ਸਾਰੀ ਇੱਜ਼ਤ ਗਵਾ ਲੈਂਦੇ ਹਨ (ਕਿਉਂਕਿ) ਗੁਰੂ ਤੋਂ ਖੁੰਝੇ ਹੋਏ ਉਹ ਤਾਂ ਅੱਗੇ ਹੀ ਕੋਹੜੇ ਹਨ, ਜੋ ਕੋਈ ਅਜੇਹੇ ਮਨੁੱਖ ਦਾ ਸੰਗ ਕਰਦਾ ਹੈ ਉਸ ਨੂੰ ਭੀ ਕੋਹੜ ਚਮੋੜ ਦੇਂਦੇ ਹਨ ।

ਹਰਿ ਤਿਨ ਕਾ ਦਰਸਨੁ ਨਾ ਕਰਹੁ ਜੋ ਦੂਜੈ ਭਾਇ ਚਿਤੁ ਲਾਹੀ ॥ ਧੁਰਿ ਕਰਤੈ ਆਪਿ ਲਿਖਿ ਪਾਇਆ ਤਿਸੁ ਨਾਲਿ ਕਿਹੁ ਚਾਰਾ ਨਾਹੀ ॥ {ਪੰਨਾ 309}

ਅਰਥ:- (ਹੇ ਸਿੱਖੋ!) ਰੱਬ ਕਰਕੇ ਉਹਨਾਂ ਦਾ ਦਰਸ਼ਨ ਭੀ ਨਾ ਕਰੋ ਜੋ (ਸਤਿਗੁਰੂ ਨੂੰ ਛੱਡ ਕੇ) ਮਾਇਆ ਦੇ ਪਿਆਰ ਵਿਚ ਚਿਤ ਜੋੜਦੇ ਹਨ, ਉਹਨਾਂ ਨਾਲ (ਭਾਵ, ਉਹਨਾਂ ਨੂੰ ਸੁਧਾਰਨ ਲਈ) ਕੋਈ ਉਪਾਵ ਕਾਰਗਰ ਨਹੀਂ ਹੋ ਸਕਦਾ, ਕਿਉਂਕਿ ਕਰਤਾਰ ਨੇ ਮੁੱਢ ਤੋਂ ਹੀ (ਉਹਨਾਂ ਦੇ ਕੀਤੇ ਕਰਮਾਂ ਅਨੁਸਾਰ ਇਹੋ ਜਿਹੇ ਦੂਜੇ ਭਾਵ ਦੇ ਸੰਸਕਾਰ ਹੀ ਉਹਨਾਂ ਦੇ ਮਨ ਵਿਚ) ਲਿਖ ਕੇ ਪਾ ਦਿੱਤੇ ਹਨ ।

ਜਨ ਨਾਨਕ ਨਾਮੁ ਅਰਾਧਿ ਤੂ ਤਿਸੁ ਅਪੜਿ ਕੋ ਨ ਸਕਾਹੀ ॥ ਨਾਵੈ ਕੀ ਵਡਿਆਈ ਵਡੀ ਹੈ ਨਿਤ ਸਵਾਈ ਚੜੈ ਚੜਾਹੀ ॥੨॥ {ਪੰਨਾ 309}

ਅਰਥ:- ਹੇ ਦਾਸ ਨਾਨਕ! ਤੂੰ ਨਾਮ ਜਪ, ਨਾਮ ਜਪਣ ਵਾਲੇ ਦੀ ਬਰਾਬਰੀ ਕੋਈ ਨਹੀਂ ਕਰ ਸਕਦਾ, ਨਾਮ ਦੀ ਮਹਿਮਾ ਬਹੁਤ ਵੱਡੀ ਹੈ, ਦਿਨੋ ਦਿਨ ਵਧਦੀ ਜਾਂਦੀ ਹੈ ।੨।

ਮਃ ੪ ॥ ਜਿ ਹੋਂਦੈ ਗੁਰੂ ਬਹਿ ਟਿਕਿਆ ਤਿਸੁ ਜਨ ਕੀ ਵਡਿਆਈ ਵਡੀ ਹੋਈ ॥ ਤਿਸੁ ਕਉ ਜਗਤੁ ਨਿਵਿਆ ਸਭੁ ਪੈਰੀ ਪਇਆ ਜਸੁ ਵਰਤਿਆ ਲੋਈ ॥ ਤਿਸ ਕਉ ਖੰਡ ਬ੍ਰਹਮੰਡ ਨਮਸਕਾਰੁ ਕਰਹਿ

ਜਿਸ ਕੈ ਮਸਤਕਿ ਹਥੁ ਧਰਿਆ ਗੁਰਿ ਪੂਰੈ ਸੋ ਪੂਰਾ ਹੋਈ ॥ ਗੁਰ ਕੀ ਵਡਿਆਈ ਨਿਤ ਚੜੈ ਸਵਾਈ ਅਪੜਿ ਕੋ ਨ ਸਕੋਈ ॥ ਜਨੁ ਨਾਨਕੁ ਹਰਿ ਕਰਤੈ ਆਪਿ ਬਹਿ ਟਿਕਿਆ ਆਪੇ ਪੈਜ ਰਖੈ ਪ੍ਰਭੁ ਸੋਈ ॥੩॥ {ਪੰਨਾ 309}

ਅਰਥ:- ਜਿਸ ਮਨੁੱਖ ਨੂੰ ਸਤਿਗੁਰੂ ਨੇ ਆਪ ਹੁੰਦਿਆਂ ਬਹਿ ਕੇ (ਭਾਵ, ਆਪਣੀ ਜ਼ਿੰਦਗੀ ਵਿਚ ਆਪਣੀ ਹੱਥੀਂ) ਤਿਲਕ ਦਿੱਤਾ ਹੋਵੇ, ਉਸ ਦੀ ਬਹੁਤ ਸੋਭਾ ਹੁੰਦੀ ਹੈ । ਉਸ ਦੇ ਅੱਗੇ ਸਾਰਾ ਸੰਸਾਰ ਨਿਉਂਦਾ ਹੈ ਤੇ ਉਸ ਦੀ ਚਰਨੀਂ ਲੱਗਦਾ ਹੈ, ਉਸ ਦੀ ਸੋਭਾ ਸਾਰੇ ਜਗਤ ਵਿਚ ਖਿੱਲਰ ਜਾਂਦੀ ਹੈ । ਜਿਸ ਦੇ ਮਥੇ ਤੇ ਪੂਰੇ ਸਤਿਗੁਰੂ ਨੇ ਹੱਥ ਰੱਖਿਆ ਹੋਵੇ (ਭਾਵ, ਜਿਸ ਦੀ ਸਹਾਇਤਾ ਸਤਿਗੁਰੂ ਨੇ ਕੀਤੀ) ਉਹ (ਸਭ ਗੁਣਾਂ ਵਿਚ) ਪੂਰਨ ਹੋ ਗਿਆ ਤੇ ਸਭ ਖੰਡਾਂ-ਬ੍ਰਹਮੰਡਾਂ ਦੇ ਜੀਆ-ਜੰਤ ਉਸ ਨੂੰ ਨਮਸਕਾਰ ਕਰਦੇ ਹਨ । ਸਤਿਗੁਰੂ ਦੀ ਵਡਿਆਈ ਦਿਨੋ-ਦਿਨ ਵਧਦੀ ਹੈ, ਕੋਈ ਮਨੁੱਖ ਉਸ ਦੀ ਬਰਾਬਰੀ ਨਹੀਂ ਕਰ ਸਕਦਾ, (ਕਿਉਂਕਿ) ਆਪਣੇ ਸੇਵਕ ਨਾਨਕ ਨੂੰ ਸਿਰਜਨਹਾਰ ਪ੍ਰਭੂ ਨੇ ਆਪ ਮਾਣ ਬਖ਼ਸ਼ਿਆ ਹੈ, (ਇਸ ਕਰਕੇ) ਪ੍ਰਭੂ ਆਪ ਲਾਜ ਰੱਖਦਾ ਹੈ ।੩।

ਪਉੜੀ ॥ ਕਾਇਆ ਕੋਟੁ ਅਪਾਰੁ ਹੈ ਅੰਦਰਿ ਹਟਨਾਲੇ ॥ ਗੁਰਮੁਖਿ ਸਉਦਾ ਜੋ ਕਰੇ ਹਰਿ ਵਸਤੁ ਸਮਾਲੇ ॥ ਨਾਮੁ ਨਿਧਾਨੁ ਹਰਿ ਵਣਜੀਐ ਹੀਰੇ ਪਰਵਾਲੇ ॥ ਵਿਣੁ ਕਾਇਆ ਜਿ ਹੋਰ ਥੈ ਧਨੁ ਖੋਜਦੇ ਸੇ ਮੂੜ ਬੇਤਾਲੇ ॥ ਸੇ ਉਝੜਿ ਭਰਮਿ ਭਵਾਈਅਹਿ ਜਿਉ ਝਾੜ ਮਿਰਗੁ ਭਾਲੇ ॥੧੫॥ {ਪੰਨਾ 309}

ਪਦਅਰਥ:- ਕੋਟੁ—ਕਿਲ੍ਹਾ । ਹਟਨਾਲੇ—ਬਾਜ਼ਾਰ । ਕਾਇਆ—ਸਰੀਰ । ਉਝੜਿ—ਉਜਾੜ ਵਿਚ । ਭਵਾਈਅਹਿ—ਭਵਾਏ ਜਾਂਦੇ ਹਨ । ਮਿਰਗੁ—ਹਰਨ ।੧੫।

ਅਰਥ:- (ਮਨੁੱਖਾ) ਸਰੀਰ ਇਕ ਸੁੰਦਰ ਕਿਲ੍ਹਾ ਹੈ, ਜਿਸ ਵਿਚ (ਮਾਨੋ, ਸੁੰਦਰ) ਬਾਜ਼ਾਰ ਭੀ ਹਨ, (ਭਾਵ, ਗਿਆਨ-ਇੰਦਰੇ ਹੱਟੀਆਂ ਦੀਆਂ ਕਤਾਰਾਂ ਹਨ) । ਜੋ ਮਨੁੱਖ ਸਤਿਗੁਰੂ ਦੇ ਸਨਮੁਖ ਹੋ ਕੇ ਵਪਾਰ ਕਰਦਾ ਹੈ; ਉਹ ਹਰੀ ਦਾ ਨਾਮ-ਵੱਖਰ ਸਾਂਭ ਲੈਂਦਾ ਹੈ । (ਸਰੀਰ ਕਿਲ੍ਹੇ ਵਿਚ ਹੀ) ਪ੍ਰਭੂ ਦੇ ਨਾਮ ਦਾ ਖ਼ਜ਼ਾਨਾ ਵਣਜਿਆ ਜਾ ਸਕਦਾ ਹੈ, (ਇਹੋ ਵੱਖਰ ਸਦਾ ਨਾਲ ਨਿਭਣ ਵਾਲੇ) ਹੀਰੇ ਤੇ ਮੂੰਗੇ ਹਨ । ਜੋ ਮਨੁੱਖ ਇਸ ਵੱਖਰ ਨੂੰ ਸਰੀਰ ਤੋਂ ਬਿਨਾ ਕਿਸੇ ਹੋਰ ਥਾਂ ਭਾਲਦੇ ਹਨ, ਉਹ ਮੂਰਖ ਹਨ ਤੇ (ਮਨੁੱਖਾ ਸਰੀਰ ਵਿਚ ਆਏ ਹੋਏ) ਭੂਤ ਹਨ । ਜਿਵੇਂ (ਕਸਤੂਰੀ ਨੂੰ ਆਪਣੀ ਹੀ ਨਾਭੀ ਵਿਚ ਨਾਹ ਜਾਣਦਾ ਹੋਇਆ) ਹਰਨ (ਕਸਤੂਰੀ ਦੀ ਵਾਸ਼ਨਾ ਲਈ) ਝਾੜਾਂ ਨੂੰ ਭਾਲਦਾ ਫਿਰਦਾ ਹੈ, ਤਿਵੇਂ ਇਹੋ ਜਿਹੇ ਮਨੁੱਖ ਭਰਮ ਵਿਚ (ਫਸੇ ਹੋਏ) ਬਨਾਂ ਵਿਚ ਭਉਂਦੇ ਫਿਰਦੇ ਹਨ ।੧੫।

ਸਲੋਕ ਮਃ ੪ ॥ ਜੋ ਨਿੰਦਾ ਕਰੇ ਸਤਿਗੁਰ ਪੂਰੇ ਕੀ ਸੁ ਅਉਖਾ ਜਗ ਮਹਿ ਹੋਇਆ ॥ ਨਰਕ ਘੋਰੁ ਦੁਖ ਖੂਹੁ ਹੈ ਓਥੈ ਪਕੜਿ ਓਹੁ ਢੋਇਆ ॥ ਕੂਕ ਪੁਕਾਰ ਕੋ ਨ ਸੁਣੇ ਓਹੁ ਅਉਖਾ ਹੋਇ ਹੋਇ ਰੋਇਆ ॥ ਓਨਿ ਹਲਤੁ ਪਲਤੁ ਸਭੁ ਗਵਾਇਆ ਲਾਹਾ ਮੂਲੁ ਸਭੁ ਖੋਇਆ ॥ ਓਹੁ ਤੇਲੀ ਸੰਦਾ ਬਲਦੁ ਕਰਿ ਨਿਤ ਭਲਕੇ ਉਠਿ ਪ੍ਰਭਿ ਜੋਇਆ ॥ {ਪੰਨਾ 309}

ਪਦਅਰਥ:- ਢੋਇਆ—ਪਾਇਆ ਗਿਆ । ਓਨਿ—ਉਸ ਨੇ । ਹਲਤੁ—ਇਹ ਲੋਕ । ਪਲਤੁ—ਪਰਲੋਕ । ਖੋਇਆ—ਗਵਾ ਲਿਆ । ਪ੍ਰਭਿ—ਪ੍ਰਭੂ ਨੇ । ਸੰਦਾ—ਦਾ ।

ਅਰਥ:- ਜੋ ਮਨੁੱਖ ਪੂਰੇ ਸਤਿਗੁਰੂ ਦੀ ਨਿੰਦਾ ਕਰਦਾ ਹੈ, ਉਹ ਸੰਸਾਰ ਵਿਚ (ਭਾਵ, ਸਾਰੀ ਉਮਰ) ਦੁਖੀ

ਰਹਿੰਦਾ ਹੈ । ਦੁੱਖਾਂ ਦਾ ਖੂਹ-ਰੂਪ ਜੋ ਘੋਰ ਨਰਕ ਹੈ, ਉਸ ਨਿੰਦਕ ਨੂੰ ਪਕੜ ਕੇ ਉਸ (ਖੂਹ) ਵਿਚ ਪਾਇਆ ਜਾਂਦਾ ਹੈ, (ਜਿਥੇ) ਉਸ ਦੇ ਹਾੜੇ-ਤਰਲਿਆਂ ਵਲ ਕੋਈ ਗਹੁ ਨਹੀਂ ਕਰਦਾ, ਤੇ ਉਹ ਜਿਉਂ ਜਿਉਂ ਦੁਖੀ ਹੁੰਦਾ ਹੈ, ਤਿਉਂ ਤਿਉਂ (ਵਧੀਕ) ਰੋਂਦਾ ਹੈ । ਲੋਕ ਤੇ ਪਰਲੋਕ, ਭਜਨ-ਰੂਪ ਲਾਭ ਤੇ ਮਨੁੱਖਾ ਜਨਮ-ਰੂਪ ਮੂਲ—ਇਹ ਸਭ ਕੁਝ ਨਿੰਦਕ ਨੇ ਗਵਾ ਲਏ ਹੁੰਦੇ ਹਨ, ਤੇਲੀ ਦਾ ਬਲਦ ਬਣਾ ਕੇ ਨਿੱਤ ਨਵੇਂ-ਸੂਰਜ ਉਹ ਪ੍ਰਭੂ ਦੇ ਹੁਕਮ ਵਿਚ ਜੋਇਆ ਜਾਂਦਾ ਹੈ (ਭਾਵ, ਜਿਵੇਂ ਤੇਲੀ ਦਾ ਬਲਦ ਹਰ ਰੋਜ਼ ਸਵੇਰੇ ਕੋਹਲੂ ਅੱਗੇ ਜੁਪਦਾ ਹੈ, ਤਿਵੇਂ ਉਹ ਨਿੰਦਕ ਨਿੱਤ ਨਿੰਦਾ ਦੇ ਗੇੜ ਵਿਚ ਪੈ ਕੇ ਦੁੱਖ ਸਹਿੰਦਾ ਹੈ) ।

ਹਰਿ ਵੇਖੈ ਸੁਣੈ ਨਿਤ ਸਭੁ ਕਿਛੁ ਤਿਦੂ ਕਿਛੁ ਗੁਝਾ ਨ ਹੋਇਆ ॥ ਜੈਸਾ ਬੀਜੇ ਸੋ ਲੁਣੈ ਜੇਹਾ ਪੁਰਬਿ ਕਿਨੈ ਬੋਇਆ ॥ {ਪੰਨਾ 309}

ਪਦਅਰਥ:- ਤਿਦੂ—ਤਿਸ ਪ੍ਰਭੂ ਤੋਂ ।

ਅਰਥ:- ਹਰੀ ਸਦਾ (ਇਹ) ਸਭ ਕੁਝ ਵੇਖਦਾ ਤੇ ਸੁਣਦਾ ਹੈ, ਉਸ ਤੋਂ ਕੋਈ ਗੱਲ ਲੁਕੀ ਨਹੀਂ ਰਹਿ ਸਕਦੀ । (ਇਹ ਪ੍ਰਭੂ ਦੇ ਹੁਕਮ ਵਿਚ ਹੀ ਹੈ ਕਿ) ਜਿਹਾ ਬੀਜ ਕਿਸੇ ਜੀਵ ਨੇ ਮੁੱਢ ਤੋਂ ਬੀਜਿਆ ਹੈ ਤੇ ਜਿਹਾ ਹੁਣ ਬੀਜ ਰਿਹਾ ਹੈ, ਉਹੋ ਜਿਹਾ ਫਲ ਉਹ ਖਾਂਦਾ ਹੈ ।

ਜਿਸੁ ਕ੍ਰਿਪਾ ਕਰੇ ਪ੍ਰਭੁ ਆਪਣੀ ਤਿਸੁ ਸਤਿਗੁਰ ਕੇ ਚਰਣ ਧੋਇਆ ॥ ਗੁਰ ਸਤਿਗੁਰ ਪਿਛੈ ਤਰਿ ਗਇਆ ਜਿਉ ਲੋਹਾ ਕਾਠ ਸੰਗੋਇਆ ॥ ਜਨ ਨਾਨਕ ਨਾਮੁ ਧਿਆਇ ਤੂ ਜਪਿ ਹਰਿ ਹਰਿ ਨਾਮਿ ਸੁਖੁ ਹੋਇਆ ॥੧॥ {ਪੰਨਾ 309}

ਅਰਥ:- ਜਿਸ ਮਨੁੱਖ ਤੇ ਪ੍ਰਭੂ ਆਪਣੀ ਮਿਹਰ ਕਰੇ, ਉਹ ਸਤਿਗੁਰੂ ਦੇ ਚਰਨ ਧੋਂਦਾ ਹੈ । ਜਿਵੇਂ ਲੋਹਾ ਕਾਠ ਦੇ ਸੰਗ ਤਰਦਾ ਹੈ ਤਿਵੇਂ ਉਹ ਸਤਿਗੁਰੂ ਦੇ ਪੂਰਨਿਆਂ ਤੇ ਤੁਰ ਕੇ (ਸੰਸਾਰ-ਸਾਗਰ ਤੋਂ) ਤਰ ਜਾਂਦਾ ਹੈ । (ਇਸ ਵਾਸਤੇ) ਹੇ ਦਾਸ ਨਾਨਕ! ਤੂੰ ਨਾਮ ਜਪੁ (ਕਿਉਂਕਿ) ਪ੍ਰਭੂ ਦਾ ਨਾਮ ਜਪਿਆਂ ਸੁਖ ਮਿਲਦਾ ਹੈ ।੧।

ਮਃ ੪ ॥ ਵਡਭਾਗੀਆ ਸੋਹਾਗਣੀ ਜਿਨਾ ਗੁਰਮੁਖਿ ਮਿਲਿਆ ਹਰਿ ਰਾਇ ॥ ਅੰਤਰ ਜੋਤਿ ਪ੍ਰਗਾਸੀਆ ਨਾਨਕ ਨਾਮਿ ਸਮਾਇ ॥੨॥ {ਪੰਨਾ 309}

ਪਦਅਰਥ:- ਅੰਤਰ—ਅੰਦਰਲੀ । ਨਾਮਿ—ਨਾਮ ਵਿਚ ।੨।

ਅਰਥ:- ਸਤਿਗੁਰੂ ਦੇ ਸਨਮੁਖ ਰਹਿ ਕੇ ਜਿਨ੍ਹਾਂ ਨੂੰ ਪ੍ਰਕਾਸ਼-ਰੂਪ ਪ੍ਰਭੂ ਮਿਲ ਪਿਆ ਹੈ, ਉਹ ਜੀਵ-ਇਸਤ੍ਰੀਆਂ ਵੱਡੇ ਭਾਗਾਂ ਵਾਲੀਆਂ ਤੇ ਜੀਉਂਦੇ ਖਸਮ ਵਾਲੀਆਂ ਹਨ । ਹੇ ਨਾਨਕ! ਨਾਮ ਵਿਚ ਲੀਨ ਹੋਇਆਂ ਉਹਨਾਂ ਦੇ ਹਿਰਦੇ ਦੀ ਜੋਤਿ ਜਗ ਪੈਂਦੀ ਹੈ ।੨।

ਪਉੜੀ ॥ ਇਹੁ ਸਰੀਰੁ ਸਭੁ ਧਰਮੁ ਹੈ ਜਿਸੁ ਅੰਦਰਿ ਸਚੇ ਕੀ ਵਿਚਿ ਜੋਤਿ ॥ ਗੁਹਜ ਰਤਨ ਵਿਚਿ ਲੁਕਿ ਰਹੇ ਕੋਈ ਗੁਰਮੁਖਿ ਸੇਵਕੁ ਕਢੈ ਖੋਤਿ ॥ ਸਭੁ ਆਤਮ ਰਾਮੁ ਪਛਾਣਿਆ ਤਾਂ ਇਕੁ ਰਵਿਆ ਇਕੋ ਓਤਿ ਪੋਤਿ ॥ ਇਕੁ ਦੇਖਿਆ ਇਕੁ ਮੰਨਿਆ ਇਕੋ ਸੁਣਿਆ ਸ੍ਰਵਣ ਸਰੋਤਿ ॥ ਜਨ ਨਾਨਕ ਨਾਮੁ ਸਲਾਹਿ ਤੂ ਸਚੁ ਸਚੇ ਸੇਵਾ ਤੇਰੀ ਹੋਤਿ ॥੧੬॥ {ਪੰਨਾ 309}

ਪਦਅਰਥ:- ਗੁਹਜ ਰਤਨ—ਗੁੱਝੇ ਲਾਲ । ਖੋਤਿ—ਖੋਤਰ ਕੇ । ਸਭੁ—ਹਰ ਥਾਂ । ਆਤਮ ਰਾਮੁ—ਪਰਮਾਤਮਾ । ਓਤਿ—ਉਣੇ ਹੋਏ ਵਿਚ । ਪੋਤਿ—ਪਰੋਤੇ ਹੋਏ ਵਿਚ (ਤਾਣੇ ਤੇ ਪੇਟੇ ਵਿਚ) ।੧੬।

ਅਰਥ:- ਇਹ ਸਾਰਾ (ਮਨੁੱਖਾ) ਸਰੀਰ ਧਰਮ (ਕਮਾਉਣ ਦੀ ਥਾਂ) ਹੈ, ਇਸ ਵਿਚ ਸੱਚੇ ਪ੍ਰਭੂ ਦੀ ਜੋਤਿ ਲੁਕੀ ਹੋਈ ਹੈ । ਇਸ (ਸਰੀਰ) ਵਿਚ (ਦੈਵੀ ਗੁਣ-ਰੂਪ) ਗੁੱਝੇ ਲਾਲ ਲੁਕੇ ਹੋਏ ਹਨ । ਸਤਿਗੁਰੂ ਦੇ ਸਨਮੁਖ ਹੋਇਆਂ ਕੋਈ ਵਿਰਲਾ ਸੇਵਕ ਇਹਨਾਂ ਨੂੰ ਪੁੱਟ ਕੇ (ਭਾਵ, ਡੂੰਘੀ ਵਿਚਾਰ ਨਾਲ) ਕੱਢਦਾ ਹੈ । (ਜਦੋਂ ਉਹ ਸੇਵਕ ਇਹ ਲਾਲ ਲੱਭ ਲੈਂਦਾ ਹੈ) ਤਦੋਂ ਇਕ ਪ੍ਰਭੂ ਨੂੰ ਸਾਰੀ ਸ੍ਰਿਸ਼ਟੀ ਵਿਚ (ਇਸ ਤਰ੍ਹਾਂ) ਰਵਿਆ ਹੋਇਆ ਪਛਾਣਦਾ ਹੈ, ਜਿਵੇਂ ਤਾਣੇ ਤੇ ਪੇਟੇ ਵਿਚ ਇੱਕੋ ਸੂਤਰ ਹੁੰਦਾ ਹੈ । (ਤਦੋਂ ਉਹ ਸੇਵਕ ਸਾਰੇ ਸੰਸਾਰ ਵਿਚ) ਇਕ ਹਰੀ ਨੂੰ ਹੀ ਵੇਖਦਾ ਹੈ, ਇਕ ਹਰੀ ਤੇ ਹੀ ਭਰੋਸਾ ਰੱਖਦਾ ਹੈ ਤੇ ਆਪਣੀ ਕੰਨੀਂ ਇਕ ਹਰੀ ਦੀਆਂ ਹੀ ਗੱਲਾਂ ਸੁਣਦਾ ਹੈ । ਹੇ ਦਾਸ ਨਾਨਕ! ਤੂੰ (ਭੀ ਇਸੇ ਤਰ੍ਹਾਂ) ਨਾਮ ਦੀ ਉਸਤਤਿ ਕਰ, ਸੱਚ-ਮੁਚ ਤੇਰੀ ਇਹ ਸੇਵਾ ਪ੍ਰਭੂ ਦੇ ਦਰ ਤੇ ਕਬੂਲ ਹੋਵੇਗੀ ।੧੬।

ਸਲੋਕ ਮਃ ੪ ॥ ਸਭਿ ਰਸ ਤਿਨ ਕੈ ਰਿਦੈ ਹਹਿ ਜਿਨ ਹਰਿ ਵਸਿਆ ਮਨ ਮਾਹਿ ॥ ਹਰਿ ਦਰਗਹਿ ਤੇ ਮੁਖ ਉਜਲੇ ਤਿਨ ਕਉ ਸਭਿ ਦੇਖਣ ਜਾਹਿ ॥ {ਪੰਨਾ 310}

ਅਰਥ:- ਜਿਨ੍ਹਾਂ ਦੇ ਹਿਰਦੇ ਵਿਚ ਪ੍ਰਭੂ ਵੱਸ ਪਿਆ ਹੈ (ਭਾਵ, ਜਿਨ੍ਹਾਂ ਨੇ ਪ੍ਰਭੂ ਨੂੰ ਮਨ ਵਿਚ ਅਨੁਭਵ ਕਰ ਲਿਆ ਹੈ), ਸਾਰੇ ਰਸ ਉਹਨਾਂ ਦੇ ਅੰਦਰ ਹਨ (ਭਾਵ, ਸੰਸਾਰਕ ਪਦਾਰਥਾਂ ਦੇ ਰਸਾਂ ਦਾ ਸੁਆਦ ਲੈਣ ਲਈ ਉਹ ਜੀਵ ਆਪਣੇ ਮਨ ਨੂੰ ਮਾਇਆ ਵਲ ਦੌੜਨ ਨਹੀਂ ਦੇਂਦੇ, ਹਿਰਦੇ ਵਿਚ ਨਾਮ-ਰਸ ਦਾ ਆਨੰਦ ਲੈਂਦੇ ਹਨ, ਜੋ ਸਭ ਰਸਾਂ ਤੋਂ ਉੱਤਮ ਰਸ ਹੈ) । ਹਰੀ ਦੀ ਦਰਗਾਹ ਵਿਚ ਉਹ ਖਿੜੇ-ਮੱਥੇ ਜਾਂਦੇ ਹਨ; ਤੇ ਸਾਰੇ ਲੋਕ ਉਹਨਾਂ ਦਾ ਦਰਸ਼ਨ ਲੋਚਦੇ ਹਨ ।

ਜਿਨ ਨਿਰਭਉ ਨਾਮੁ ਧਿਆਇਆ ਤਿਨ ਕਉ ਭਉ ਕੋਈ ਨਾਹਿ ॥ ਹਰਿ ਉਤਮੁ ਤਿਨੀ ਸਰੇਵਿਆ ਜਿਨ ਕਉ ਧੁਰਿ ਲਿਖਿਆ ਆਹਿ ॥ {ਪੰਨਾ 310}

ਪਦਅਰਥ:- ਸਰੇਵਿਆ—ਸਿਮਰਿਆ । ਧੁਰਿ—ਮੁਢ ਤੋਂ । ਆਹਿ—ਹੈ ।

ਅਰਥ:- ਜਿਨ੍ਹਾਂ ਨੇ ਨਿਰਭਉ ਪ੍ਰਭੂ ਦਾ ਨਾਮ ਸਿਮਰਿਆ ਹੈ, ਉਹਨਾਂ ਨੂੰ (ਆਪ ਨੂੰ ਭੀ) ਕੋਈ ਡਰ ਨਹੀਂ ਰਹਿ ਜਾਂਦਾ; (ਪਰ ਇਹ) ਉੱਤਮ ਪ੍ਰਭੂ ਉਹਨਾਂ ਮਨੁੱਖਾਂ ਨੇ ਹੀ ਸਿਮਰਿਆ ਹੈ ਜਿਨ੍ਹਾਂ ਦੇ ਹਿਰਦੇ ਵਿਚ ਮੁੱਢ ਤੋਂ (ਚੰਗੇ ਕੀਤੇ ਹੋਏ ਕੰਮਾਂ ਦੇ ਸੰਸਕਾਰ) ਲਿਖੇ ਹੋਏ ਹਨ ।

ਤੇ ਹਰਿ ਦਰਗਹਿ ਪੈਨਾਈਅਹਿ ਜਿਨ ਹਰਿ ਵੁਠਾ ਮਨ ਮਾਹਿ ॥ ਓਇ ਆਪਿ ਤਰੇ ਸਭ ਕੁਟੰਬ ਸਿਉ ਤਿਨ ਪਿਛੈ ਸਭੁ ਜਗਤੁ ਛਡਾਹਿ ॥ ਜਨ ਨਾਨਕ ਕਉ ਹਰਿ ਮੇਲਿ ਜਨ ਤਿਨ ਵੇਖਿ ਵੇਖਿ ਹਮ ਜੀਵਾਹਿ ॥੧॥ {ਪੰਨਾ 310}

ਪਦਅਰਥ:- ਪੈਨਾਈਅਹਿ—ਮੰਨੇ ਜਾਂਦੇ ਹਨ, ਉਹਨਾਂ ਨੂੰ ਸਿਰੋਪਾ ਦਿੱਤਾ ਜਾਂਦਾ ਹੈ । ਵੁਠਾ—ਵੁੱਠਾ, ਵੱਸਿਆ । ਤਿਨ ਪਿਛੈ—ਉਹਨਾਂ ਦੇ ਪੂਰਨਿਆਂ ਤੇ ।੧।

ਅਰਥ:- ਜਿਨ੍ਹਾਂ ਦੇ ਮਨ ਵਿਚ ਪ੍ਰਭੂ ਵੱਸਦਾ ਹੈ (ਭਾਵ, ਪਰਗਟ ਹੁੰਦਾ ਹੈ) ਉਹਨਾਂ ਨੂੰ ਉਸ ਦੀ ਹਜ਼ੂਰੀ ਵਿਚ ਆਦਰ ਮਿਲਦਾ ਹੈ । ਉਹ ਆਪ ਸਾਰੇ ਪਰਵਾਰ ਸਮੇਤ (ਸੰਸਾਰ-ਸਾਗਰ ਤੋਂ) ਪਾਰ ਲੰਘ ਜਾਂਦੇ ਹਨ । ਤੇ,

ਆਪਣੇ ਪੂਰਨਿਆਂ ਤੇ ਤੋਰ ਕੇ ਸਾਰੇ ਸੰਸਾਰ ਨੂੰ (ਵਿਕਾਰਾਂ ਤੋਂ) ਬਚਾ ਲੈਂਦੇ ਹਨ । ਹੇ ਹਰੀ! (ਇਹੋ ਜਿਹੇ ਆਪਣੇ) ਬੰਦੇ ਦਾਸ ਨਾਨਕ ਨੂੰ ਭੀ ਮਿਲਾ । ਅਸੀ ਉਹਨਾਂ ਨੂੰ ਵੇਖ ਵੇਖ ਕੇ ਜੀਵੀਏ ।੧।

ਮਃ ੪ ॥ ਸਾ ਧਰਤੀ ਭਈ ਹਰੀਆਵਲੀ ਜਿਥੈ ਮੇਰਾ ਸਤਿਗੁਰੁ ਬੈਠਾ ਆਇ ॥ ਸੇ ਜੰਤ ਭਏ ਹਰੀਆਵਲੇ ਜਿਨੀ ਮੇਰਾ ਸਤਿਗੁਰੁ ਦੇਖਿਆ ਜਾਇ ॥ {ਪੰਨਾ 310}

ਅਰਥ:- ਜਿਸੁ ਭੋਏਂ ਤੇ ਪਿਆਰਾ ਸਤਿਗੁਰੂ ਆ ਕੇ ਬੈਠਾ ਹੈ, ਉਹ ਭੋਏਂ ਹਰੀ-ਭਰੀ ਹੋ ਗਈ ਹੈ । ਉਹ ਜੀਵ ਹਰੇ ਹੋ ਗਏ ਹਨ (ਭਾਵ, ਉਹਨਾਂ ਮਨੁੱਖਾਂ ਦੇ ਹਿਰਦੇ ਖਿੜ ਆਏ ਹਨ) ਜਿਨ੍ਹਾਂ ਜਾ ਕੇ ਪਿਆਰੇ ਸਤਿਗੁਰੂ ਦਾ ਦਰਸ਼ਨ ਕੀਤਾ ਹੈ ।

ਧਨੁ ਧੰਨੁ ਪਿਤਾ ਧਨੁ ਧੰਨੁ ਕੁਲੁ ਧਨੁ ਧਨੁ ਸੁ ਜਨਨੀ ਜਿਨਿ ਗੁਰੂ ਜਣਿਆ ਮਾਇ ॥ ਧਨੁ ਧੰਨੁ ਗੁਰੂ ਜਿਨਿ ਨਾਮੁ ਅਰਾਧਿਆ ਆਪਿ ਤਰਿਆ ਜਿਨੀ ਡਿਠਾ ਤਿਨਾ ਲਏ ਛਡਾਇ ॥ ਹਰਿ ਸਤਿਗੁਰੁ ਮੇਲਹੁ ਦਇਆ ਕਰਿ ਜਨੁ ਨਾਨਕੁ ਧੋਵੈ ਪਾਇ ॥੨॥ {ਪੰਨਾ 310}

ਪਦਅਰਥ:- ਧੰਨ—ਮੁਬਾਰਿਕ, ਭਾਗਾਂ ਵਾਲਾ । ਜਨਨੀ—ਮਾਂ । ਮਾਇ—ਹੇ ਮਾਂ! ਪਾਇ—ਪੈਰ ।੨।

ਅਰਥ:- ਹੇ ਮਾਂ! ਉਹ ਪਿਉ ਭਾਗਾਂ ਵਾਲਾ ਹੈ, ਉਹ ਕੁਲ ਭਾਗਾਂ ਵਾਲੀ ਹੈ ਜਿਸ ਨੇ ਸਤਿਗੁਰੂ ਜਣਿਆ ਹੈ । ਉਹ ਸਤਿਗੁਰੂ ਧੰਨ ਹੈ ਜਿਸ ਨੇ ਪ੍ਰਭੂ ਦਾ ਨਾਮ ਸਿਮਰਿਆ ਹੈ; (ਨਾਮ ਸਿਮਰ ਕੇ) ਆਪ ਤਰਿਆ ਹੈ ਤੇ ਜਿਨ੍ਹਾਂ ਉਸ ਦਾ ਦਰਸ਼ਨ ਕੀਤਾ ਉਹਨਾਂ ਨੂੰ ਭੀ (ਵਿਕਾਰਾਂ ਤੋਂ) ਛੁਡਾ ਲੈਂਦਾ ਹੈ । ਹੇ ਹਰੀ! ਮਿਹਰ ਕਰ ਕੇ ਮੈਨੂੰ ਭੀ (ਅਜੇਹਾ) ਸਤਿਗੁਰੂ ਮਿਲਾਵੋ, ਦਾਸ ਨਾਨਕ ਉਸ ਦੇ ਪੈਰ ਧੋਵੇ ।੨।

ਪਉੜੀ ॥ ਸਚੁ ਸਚਾ ਸਤਿਗੁਰੁ ਅਮਰੁ ਹੈ ਜਿਸੁ ਅੰਦਰਿ ਹਰਿ ਉਰਿ ਧਾਰਿਆ ॥ ਸਚੁ ਸਚਾ ਸਤਿਗੁਰੁ ਪੁਰਖੁ ਹੈ ਜਿਨਿ ਕਾਮੁ ਕ੍ਰੋਧੁ ਬਿਖੁ ਮਾਰਿਆ ॥ ਜਾ ਡਿਠਾ ਪੂਰਾ ਸਤਿਗੁਰੂ ਤਾਂ ਅੰਦਰਹੁ ਮਨੁ ਸਾਧਾਰਿਆ ॥ ਬਲਿਹਾਰੀ ਗੁਰ ਆਪਣੇ ਸਦਾ ਸਦਾ ਘੁਮਿ ਵਾਰਿਆ ॥ ਗੁਰਮੁਖਿ ਜਿਤਾ ਮਨਮੁਖਿ ਹਾਰਿਆ ॥੧੭॥ {ਪੰਨਾ 310}

ਪਦਅਰਥ:- ਉਰਿ—ਹਿਰਦੇ ਵਿਚ । ਜਿਸੁ ਅੰਦਰਿ—ਜਿਸ ਗੁਰੂ ਦੇ ਅੰਦਰ । ਜਿਨਿ—ਜਿਸ (ਗੁਰੂ) ਨੇ । ਸਾਧਾਰਿਆ—ਆਧਾਰ ਵਾਲਾ ਧੀਰਜ ਵਾਲਾ ਹੋ ਗਿਆ । ਘੁਮਿ ਵਾਰਿਆ—ਸਦਕੇ ਵਾਰੀ ਹਾਂ ।੧੭।

ਅਰਥ:- ਸਤਿਗੁਰੂ ਸਦਾ-ਥਿਰ ਰਹਿਣ ਵਾਲੇ ਅਮਰ ਪ੍ਰਭੂ ਦਾ ਰੂਪ ਹੈ, (ਕਿਉਂਕਿ) ਉਸ ਨੇ ਪ੍ਰਭੂ ਨੂੰ ਆਪਣੇ ਅੰਦਰ ਹਿਰਦੇ ਵਿਚ ਪਰੋਤਾ ਹੋਇਆ ਹੈ, (ਤੇ ਇਸ ਤਰ੍ਹਾਂ) ਉਸ ਨੇ (ਹਿਰਦੇ ਵਿਚੋਂ ਕਾਮ ਕਰੋਧ ਆਦਿਕ ਦੇ) ਵਿਹੁ ਨੂੰ ਕੱਢ ਦਿੱਤਾ ਹੈ । ਜਦੋਂ ਮੈਂ (ਅਜੇਹਾ ਇਹ) ਪੂਰਾ ਸਤਿਗੁਰੂ ਵੇਖਿਆ, ਤਦੋਂ ਮੇਰੇ ਮਨ ਨੂੰ ਅੰਦਰ ਧੀਰਜ ਆ ਗਈ (ਇਸ ਲਈ) ਮੈਂ ਆਪਣੇ ਸਤਿਗੁਰੂ ਤੋਂ ਸਦਾ ਵਾਰਨੇ ਤੇ ਸਦਕੇ ਜਾਂਦਾ ਹਾਂ । ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਮਨੁੱਖਾ ਜਨਮ ਦੀ ਬਾਜ਼ੀ) ਜਿੱਤ ਜਾਂਦਾ ਹੈ ਤੇ ਮਨ ਦੇ ਪਿੱਛੇ ਤੁਰਨ ਵਾਲਾ ਹਾਰ ਜਾਂਦਾ ਹੈ ।੧੭।

ਸਲੋਕ ਮਃ ੪ ॥ ਕਰਿ ਕਿਰਪਾ ਸਤਿਗੁਰੁ ਮੇਲਿਓਨੁ ਮੁਖਿ ਗੁਰਮੁਖਿ ਨਾਮੁ ਧਿਆਇਸੀ ॥ ਸੋ ਕਰੇ ਜਿ ਸਤਿਗੁਰ ਭਾਵਸੀ ਗੁਰੁ ਪੂਰਾ ਘਰੀ ਵਸਾਇਸੀ ॥ ਜਿਨ ਅੰਦਰਿ ਨਾਮੁ ਨਿਧਾਨੁ ਹੈ ਤਿਨ ਕਾ ਭਉ ਸਭੁ ਗਵਾਇਸੀ ॥ {ਪੰਨਾ 310}

ਪਦਅਰਥ:- ਮੇਲਿਓਨੁ—ਮਿਲਾਇਆ ਹੈ ਉਸ (ਪ੍ਰਭੂ) ਨੇ । ਮੁਖਿ—ਮੂੰਹ ਨਾਲ । ਸਤਿਗੁਰ—ਗੁਰੂ ਨੂੰ । ਘਰੀ—ਹਿਰਦੇ ਵਿਚ ।

ਅਰਥ:- ਜਿਸ ਮਨੁੱਖ ਨੂੰ ਕਿਰਪਾ ਕਰ ਕੇ ਉਸ ਪ੍ਰਭੂ ਨੇ ਸਤਿਗੁਰੂ ਮਿਲਾਇਆ ਹੈ, ਉਹ ਗੁਰੂ ਦੇ ਸਨਮੁਖ ਹੋ ਕੇ ਮੂੰਹੋਂ ਨਾਮ ਸਿਮਰਦਾ ਹੈ, ਤੇ ਉਹੋ ਕੁਝ ਕਰਦਾ ਹੈ ਜੋ ਸਤਿਗੁਰੂ ਨੂੰ ਚੰਗਾ ਲੱਗਦਾ ਹੈ, ਪੂਰਾ ਸਤਿਗੁਰੂ (ਅਗੋਂ) ਉਸ ਦੇ ਹਿਰਦੇ ਵਿਚ ('ਨਾਮੁ ਨਿਧਾਨ') ਵਸਾ ਦੇਂਦਾ ਹੈ । ਜਿਨ੍ਹਾਂ ਦੇ ਹਿਰਦੇ ਵਿਚ ਨਾਮ ਦਾ ਖ਼ਜ਼ਾਨਾ (ਵੱਸ ਪੈਂਦਾ) ਹੈ, ਸਤਿਗੁਰੂ ਉਹਨਾਂ ਦਾ ਸਾਰਾ ਡਰ ਦੂਰ ਕਰ ਦੇਂਦਾ ਹੈ ।

ਜਿਨ ਰਖਣ ਕਉ ਹਰਿ ਆਪਿ ਹੋਇ ਹੋਰ ਕੇਤੀ ਝਖਿ ਝਖਿ ਜਾਇਸੀ ॥ ਜਨ ਨਾਨਕ ਨਾਮੁ ਧਿਆਇ ਤੂ ਹਰਿ ਹਲਤਿ ਪਲਤਿ ਛੋਡਾਇਸੀ ॥੧॥ {ਪੰਨਾ 310}

ਪਦਅਰਥ:- ਹਲਤਿ—ਇਸ ਲੋਕ ਵਿਚ । ਪਲਤਿ—ਪਰਲੋਕ ਵਿਚ ।

ਅਰਥ:- ਜਿਨ੍ਹਾਂ ਦੀ ਰੱਖਿਆ ਕਰਨ ਲਈ ਪ੍ਰਭੂ ਆਪ (ਤਿਆਰ) ਹੋਵੇ, ਹੋਰ ਕਿਤਨੀ ਹੀ ਦੁਨੀਆ ਖਪ ਖਪ ਮਰੇ (ਪਰ ਉਹਨਾਂ ਦਾ ਕੁਝ ਵਿਗਾੜ ਨਹੀਂ ਸਕਦੀ) । (ਇਸ ਵਾਸਤੇ) ਹੇ ਨਾਨਕ! ਤੂੰ ਨਾਮ ਜਪ, ਪ੍ਰਭੂ ਇਸ ਲੋਕ ਵਿਚ ਤੇ ਪਰਲੋਕ ਵਿਚ (ਹਰੇਕ ਕਿਸਮ ਦੇ ਡਰ ਤੋਂ) ਬਚਾ ਲਏਗਾ ।੧।

ਮਃ ੪ ॥ ਗੁਰਸਿਖਾ ਕੈ ਮਨਿ ਭਾਵਦੀ ਗੁਰ ਸਤਿਗੁਰ ਕੀ ਵਡਿਆਈ ॥ ਹਰਿ ਰਾਖਹੁ ਪੈਜ ਸਤਿਗੁਰੂ ਕੀ ਨਿਤ ਚੜੈ ਸਵਾਈ ॥ {ਪੰਨਾ 310}

ਅਰਥ:- ਗੁਰਸਿੱਖਾਂ ਦੇ ਮਨ ਵਿਚ ਆਪਣੇ ਸਤਿਗੁਰੂ ਦੀ ਵਡਿਆਈ ਪਿਆਰੀ ਲੱਗਦੀ ਹੈ । ਹੇ ਪ੍ਰਭੂ! ਤੂੰ ਸਤਿਗੁਰੂ ਦੀ ਪੈਜ ਰੱਖਦਾ ਹੈਂ, ਤੇ ਸਤਿਗੁਰੂ ਦੀ ਵਡਿਆਈ ਦਿਨੋ ਦਿਨ ਵਧਦੀ ਹੈ ।

ਗੁਰ ਸਤਿਗੁਰ ਕੈ ਮਨਿ ਪਾਰਬ੍ਰਹਮੁ ਹੈ ਪਾਰਬ੍ਰਹਮੁ ਛਡਾਈ ॥ ਗੁਰ ਸਤਿਗੁਰ ਤਾਣੁ ਦੀਬਾਣੁ ਹਰਿ ਤਿਨਿ ਸਭ ਆਣਿ ਨਿਵਾਈ ॥ {ਪੰਨਾ 310}

ਪਦਅਰਥ:- ਤਾਣੁ—ਤਾਕਤ । ਦੀਬਾਣੁ—ਆਸਰਾ । ਤਿਨਿ—ਉਸ (ਪ੍ਰਭੂ) ਨੇ । ਆਣਿ—ਲਿਆ ਕੇ ।

ਅਰਥ:- ਜੋ ਪਾਰਬ੍ਰਹਮ (ਸਭ ਜੀਵਾਂ ਨੂੰ ਵਿਕਾਰ ਆਦਿਕਾਂ ਤੋਂ) ਬਚਾ ਲੈਂਦਾ ਹੈ, ਉਹ ਪਾਰਬ੍ਰਹਮ ਗੁਰੂ ਸਤਿਗੁਰੂ ਦੇ ਮਨ ਵਿਚ (ਸਦਾ ਵੱਸਦਾ ਹੈ) । ਪ੍ਰਭੂ ਹੀ ਸਤਿਗੁਰੂ ਦਾ ਬਲ ਤੇ ਆਸਰਾ ਹੈ, ਉਸ ਪ੍ਰਭੂ ਨੇ ਹੀ ਸਾਰੇ ਜੀਵ ਸਤਿਗੁਰੂ ਅੱਗੇ ਲਿਆ ਨਿਵਾਏ ਹਨ ।

ਜਿਨੀ ਡਿਠਾ ਮੇਰਾ ਸਤਿਗੁਰੁ ਭਾਉ ਕਰਿ ਤਿਨ ਕੇ ਸਭਿ ਪਾਪ ਗਵਾਈ ॥ ਹਰਿ ਦਰਗਹ ਤੇ ਮੁਖ ਉਜਲੇ ਬਹੁ ਸੋਭਾ ਪਾਈ ॥ ਜਨੁ ਨਾਨਕੁ ਮੰਗੈ ਧੂੜਿ ਤਿਨ ਜੋ ਗੁਰ ਕੇ ਸਿਖ ਮੇਰੇ ਭਾਈ ॥੨॥ {ਪੰਨਾ 310}

ਪਦਅਰਥ:- ਧੂੜਿ ਤਿਨ—ਉਹਨਾਂ (ਦੇ ਚਰਨਾਂ) ਦੀ ਧੂੜ ।

ਅਰਥ:- ਜਿਨ੍ਹਾਂ ਨੇ (ਹਿਰਦੇ ਵਿਚ) ਪਿਆਰ ਰੱਖ ਕੇ ਪਿਆਰੇ ਸਤਿਗੁਰੂ ਦਾ ਦਰਸ਼ਨ ਕੀਤਾ ਹੈ, ਸਤਿਗੁਰੂ ਉਹਨਾਂ ਦੇ ਸਾਰੇ ਪਾਪ ਦੂਰ ਕਰ ਦੇਂਦਾ ਹੈ, ਹਰੀ ਦੀ ਦਰਗਾਹ ਵਿਚ ਉਹ ਖਿੜੇ ਮੱਥੇ ਜਾਂਦੇ ਹਨ, ਤੇ ਉਹਨਾਂ ਦੀ ਬੜੀ ਸੋਭਾ ਹੁੰਦੀ ਹੈ । ਜੋ ਮੇਰੇ ਵੀਰ ਸਤਿਗੁਰੂ ਦੇ (ਇਹੋ ਜਿਹੇ) ਸਿੱਖ ਹਨ, ਦਾਸ ਨਾਨਕ ਉਹਨਾਂ ਦੇ ਚਰਨਾਂ ਦੀ ਧੂੜ ਮੰਗਦਾ ਹੈ ।੨।

ਪਉੜੀ ॥ ਹਉ ਆਖਿ ਸਲਾਹੀ ਸਿਫਤਿ ਸਚੁ ਸਚੁ ਸਚੇ ਕੀ ਵਡਿਆਈ ॥ ਸਾਲਾਹੀ ਸਚੁ ਸਲਾਹ ਸਚੁ ਸਚੁ ਕੀਮਤਿ ਕਿਨੈ ਨ ਪਾਈ ॥ ਸਚੁ ਸਚਾ ਰਸੁ ਜਿਨੀ ਚਖਿਆ ਸੇ ਤ੍ਰਿਪਤਿ ਰਹੇ ਆਘਾਈ ॥ ਇਹੁ ਹਰਿ ਰਸੁ ਸੇਈ ਜਾਣਦੇ ਜਿਉ ਗੂੰਗੈ ਮਿਠਿਆਈ ਖਾਈ ॥ ਗੁਰਿ ਪੂਰੈ ਹਰਿ ਪ੍ਰਭੁ ਸੇਵਿਆ ਮਨਿ ਵਜੀ ਵਾਧਾਈ ॥੧੮॥ {ਪੰਨਾ 310-311}

ਪਦਅਰਥ:- ਹਉ—ਮੈਂ । ਸਾਲਾਹ—ਸਲਾਹੁਣ-ਜੋਗ । ਆਘਾਈ ਰਹੇ—ਆਘਾਇ ਰਹੇ, ਰੱਜੇ ਰਹਿੰਦੇ ਹਨ । ਗੁਰਿ—ਗੁਰੂ ਦੀ ਰਾਹੀਂ । ਵਜੀ ਵਾਧਾਈ—ਵਧਾਈ ਵੱਜਦੀ ਹੈ, ਚੜ੍ਹਦੀ ਕਲਾ ਜ਼ੋਰਾਂ ਵਿਚ ਹੁੰਦੀ ਹੈ ।

ਅਰਥ:- (ਜਿਸ) ਸੱਚੇ ਪ੍ਰਭੂ ਦੀ ਕੋਈ ਮਨੁੱਖ ਕੀਮਤ ਨਹੀਂ ਪਾ ਸਕਿਆ, ਉਹ ਸੱਚਾ ਪ੍ਰਭੂ ਸਲਾਹੁਣ-ਜੋਗ ਹੈ ਤੇ ਉਸ ਦੀ ਵਡਿਆਈ ਕਰਨੀ ਸਦਾ ਨਾਲ ਨਿਭਣ ਵਾਲੀ ਕਾਰ ਹੈ, (ਇਸ ਵਾਸਤੇ ਮੇਰੀ ਭੀ ਇਹ ਅਰਦਾਸ ਹੈ ਕਿ) ਮੈਂ ਸੱਚੇ ਪ੍ਰਭੂ ਦੀ ਸੱਚੀ ਵਡਿਆਈ ਤੇ ਸੱਚੇ ਗੁਣ ਆਖ ਆਖ ਕੇ ਸਲਾਹਵਾਂ । ਜਿਨ੍ਹਾਂ ਨੇ ਸੱਚੇ ਪ੍ਰਭੂ ਦੇ ਨਾਮ ਦਾ ਸੁਆਦ ਚੱਖਿਆ ਹੈ, ਉਹ (ਮਾਇਆ ਵਲੋਂ) ਤ੍ਰਿਪਤ ਹੋ ਕੇ ਰੱਜੇ ਰਹਿੰਦੇ ਹਨ, ਇਸ ਸੁਆਦ ਨੂੰ ਜਾਣਦੇ ਭੀ ਉਹੀ ਹਨ, (ਪਰ ਬਿਆਨ ਨਹੀਂ ਕਰ ਸਕਦੇ) ਜਿਵੇਂ ਗੂੰਗਾ ਮਿਠਿਆਈ ਖਾਂਦਾ ਹੈ (ਤੇ ਸੁਆਦ ਨਹੀਂ ਦੱਸ ਸਕਦਾ) । ਪੂਰੇ ਸਤਿਗੁਰੂ ਦੀ ਰਾਹੀਂ ਜਿਨ੍ਹਾਂ ਨੇ ਪ੍ਰਭੂ ਦਾ ਨਾਮ ਜਪਿਆ ਹੈ ਉਹਨਾਂ ਦੇ ਮਨ ਵਿਚ ਉਤਸ਼ਾਹ ਬਣਿਆ ਰਹਿੰਦਾ ਹੈ (ਭਾਵ, ਉਹਨਾਂ ਦੇ ਮਨ ਖਿੜੇ ਰਹਿੰਦੇ ਹਨ) ।੧੮।

ਸਲੋਕ ਮਃ ੪ ॥ ਜਿਨਾ ਅੰਦਰਿ ਉਮਰਥਲ ਸੇਈ ਜਾਣਨਿ ਸੂਲੀਆ ॥ ਹਰਿ ਜਾਣਹਿ ਸੇਈ ਬਿਰਹੁ ਹਉ ਤਿਨ ਵਿਟਹੁ ਸਦ ਘੁਮਿ ਘੋਲੀਆ ॥ ਹਰਿ ਮੇਲਹੁ ਸਜਣੁ ਪੁਰਖੁ ਮੇਰਾ ਸਿਰੁ ਤਿਨ ਵਿਟਹੁ ਤਲ ਰੋਲੀਆ ॥ {ਪੰਨਾ 311}

ਪਦਅਰਥ:- ਉਮਰਥਲ—ਗੱਦਹੁਧਾਣਾ, ਅੰਦਰ ਦਾ ਫੋੜਾ । ਸੂਲੀ—ਤ੍ਰਿੱਖੀ ਪੀੜ । ਬਿਰਹੁ—ਵਿਛੋੜੇ ਤੋਂ ਉਪਜਿਆ ਪਿਆਰ । ਤਲ—ਚਰਨਾਂ ਦੇ ਹੇਠ ।

ਅਰਥ:- (ਜਿਵੇਂ) ਜਿਨ੍ਹਾਂ ਦੇ ਸਰੀਰ ਵਿਚ ਗੱਦਹੁਧਾਣਾ ਫੋੜਾ ਹੈ ਉਹੋ ਹੀ ਉਸ ਦੀ ਪੀੜਾ ਨੂੰ ਜਾਣਦੇ ਹਨ (ਤਿਵੇਂ ਜਿਨ੍ਹਾਂ ਦੇ ਹਿਰਦੇ ਵਿਚ ਵਿਛੋੜੇ ਦਾ ਸੱਲ ਹੈ ਉਹੋ ਹੀ ਉਸ ਦੀ ਪੀੜਾ ਨੂੰ ਜਾਣਦੇ ਹਨ, ਤੇ) ਵਿਛੋੜੇ ਤੋਂ ਪੈਦਾ ਹੋਏ ਪਿਆਰ ਨੂੰ ਭੀ ਉਹੀ ਸਮਝਦੇ ਹਨ—ਮੈਂ ਉਹਨਾਂ ਤੋਂ ਸਦਾ ਸਦਕੇ ਹਾਂ । ਹੇ ਹਰੀ! ਮੈਨੂੰ ਕੋਈ ਅਜੇਹਾ ਹੀ ਸੱਜਣ ਮਰਦ ਮਿਲਾ, ਅਜੇਹੇ ਬੰਦਿਆਂ (ਦੇ ਦੀਦਾਰ) ਦੀ ਖ਼ਾਤਰ ਮੇਰਾ ਸਿਰ ਉਹਨਾਂ ਦੇ ਪੈਰਾਂ ਹੇਠ ਰੁਲੇ ।

ਜੋ ਸਿਖ ਗੁਰ ਕਾਰ ਕਮਾਵਹਿ ਹਉ ਗੁਲਮੁ ਤਿਨਾ ਕਾ ਗੋਲੀਆ ॥ ਹਰਿ ਰੰਗਿ ਚਲੂਲੈ ਜੋ ਰਤੇ ਤਿਨ ਭਿਨੀ ਹਰਿ ਰੰਗਿ ਚੋਲੀਆ ॥ ਕਰਿ ਕਿਰਪਾ ਨਾਨਕ ਮੇਲਿ ਗੁਰ ਪਹਿ ਸਿਰੁ ਵੇਚਿਆ ਮੋਲੀਆ ॥੧॥ {ਪੰਨਾ 311}

ਪਦਅਰਥ:- ਚਲੂਲਾ—ਗੂੜ੍ਹਾ । ਰੰਗਿ ਚਲੂਲੈ—ਗੂੜ੍ਹੇ ਰੰਗ ਵਿਚ । ਭਿਨੀ—ਭਿੱਜੀ ਹੋਈ ।

ਅਰਥ:- ਜੋ ਸਿੱਖ ਸਤਿਗੁਰੂ ਦੀ ਦੱਸੀ ਹੋਈ ਕਾਰ ਕਰਦੇ ਹਨ, ਮੈਂ ਉਹਨਾਂ ਦੇ ਗ਼ੁਲਾਮਾਂ ਦਾ ਗ਼ੁਲਾਮ ਹਾਂ, ਜਿਨ੍ਹਾਂ ਦੇ ਮਨ ਪ੍ਰਭੂ-ਨਾਮ ਦੇ ਗੂੜ੍ਹੇ ਰੰਗ ਵਿਚ ਰੰਗੇ ਹੋਏ ਹਨ, ਉਹਨਾਂ ਦੇ ਚੋਲੇ (ਭੀ, ਭਾਵ, ਸਰੀਰ) ਪ੍ਰਭੂ ਦੇ ਪਿਆਰ ਵਿਚ ਭਿੱਜੇ ਹੋਏ ਹੁੰਦੇ ਹਨ । ਹੇ ਨਾਨਕ! ਉਹਨਾਂ ਨੂੰ ਪ੍ਰਭੂ ਨੇ ਕਿਰਪਾ ਕਰ ਕੇ ਗੁਰੂ ਨਾਲ ਮਿਲਾਇਆ ਹੈ, ਤੇ ਉਹਨਾਂ ਆਪਣਾ ਸਿਰ ਗੁਰੂ ਅੱਗੇ ਵੇਚ ਦਿੱਤਾ ਹੈ ।੧।

ਮਃ ੪ ॥ ਅਉਗਣੀ ਭਰਿਆ ਸਰੀਰੁ ਹੈ ਕਿਉ ਸੰਤਹੁ ਨਿਰਮਲੁ ਹੋਇ ॥ {ਪੰਨਾ 311}

ਅਰਥ:- (ਪ੍ਰਸ਼ਨ) ਹੇ ਸੰਤ ਜਨੋ! (ਇਹ) ਸਰੀਰ ਅਉਗਣਾਂ ਨਾਲ ਭਰਿਆ ਹੋਇਆ ਹੈ, ਸਾਫ਼ ਕਿਵੇਂ ਹੋ ਸਕਦਾ ਹੈ?

ਗੁਰਮੁਖਿ ਗੁਣ ਵੇਹਾਝੀਅਹਿ ਮਲੁ ਹਉਮੈ ਕਢੈ ਧੋਇ ॥ {ਪੰਨਾ 311}

ਅਰਥ:- (ਉੱਤਰ) ਸਤਿਗੁਰੂ ਦੇ ਸਨਮੁਖ ਹੋ ਕੇ ਗੁਣ ਖ਼ਰੀਦੇ ਜਾਣ, ਤਾਂ (ਇਸ ਤਰ੍ਹਾਂ ਮਨੁੱਖਾ ਸਰੀਰ ਵਿਚੋਂ) ਹਉਮੈ-ਰੂਪ ਮੈਲ ਕੋਈ ਧੋ ਕੇ ਕੱਢ ਸਕਦਾ ਹੈ ।

ਸਚੁ ਵਣੰਜਹਿ ਰੰਗ ਸਿਉ ਸਚੁ ਸਉਦਾ ਹੋਇ ॥ ਤੋਟਾ ਮੂਲਿ ਨ ਆਵਈ ਲਾਹਾ ਹਰਿ ਭਾਵੈ ਸੋਇ ॥ {ਪੰਨਾ 311}

ਪਦਅਰਥ:- ਵਣੰਜਹਿ—ਵਣਜਦੇ ਹਨ । ਰੰਗ—ਪਿਆਰ । ਲਾਹਾ—ਲਾਭ, ਨਫ਼ਾ । ਤੋਟਾ—ਘਾਟਾ ।

ਅਰਥ:- ਜੋ ਮਨੁੱਖ ਪਿਆਰ ਨਾਲ ਸੱਚ ਨੂੰ (ਭਾਵ, ਸੱਚੇ ਦੇ ਨਾਮ ਨੂੰ) ਖ਼ਰੀਦਦੇ ਹਨ, ਉਹਨਾਂ ਦਾ ਇਹ ਸੌਦਾ ਸਦਾ ਨਾਲ ਨਿਭਦਾ ਹੈ, (ਇਸ ਸੌਦੇ ਵਿਚ) ਘਾਟਾ ਕਦੇ ਹੁੰਦਾ ਹੀ ਨਹੀਂ; (ਤੇ, ਸੌਦੇ ਵਿਚੋਂ) ਲਾਭ (ਇਹ ਮਿਲਦਾ) ਹੈ ਕਿ ਪਰਮਾਤਮਾ ਉਹਨਾਂ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ ।

ਨਾਨਕ ਤਿਨ ਸਚੁ ਵਣੰਜਿਆ ਜਿਨਾ ਧੁਰਿ ਲਿਖਿਆ ਪਰਾਪਤਿ ਹੋਇ ॥੨॥ {ਪੰਨਾ 311}

ਅਰਥ:- ਹੇ ਨਾਨਕ! ਸੱਚੇ ਨਾਮ ਦੀ ਖ਼ਰੀਦ ਉਹ ਮਨੁੱਖ ਕਰਦੇ ਹਨ, ਜਿਨ੍ਹਾਂ ਨੂੰ (ਇਹ ਸੱਚਾ ਨਾਮ) ਮੁਢ ਤੋਂ (ਕੀਤੇ ਹੋਏ ਭਲੇ ਕਰਮਾਂ ਦੇ ਸੰਸਕਾਰਾਂ ਅਨੁਸਾਰ) (ਹਿਰਦੇ ਵਿਚ) ਉੱਕਰਿਆ ਹੋਇਆ ਮਿਲਦਾ ਹੈ ।੨।

ਪਉੜੀ ॥ ਸਾਲਾਹੀ ਸਚੁ ਸਾਲਾਹਣਾ ਸਚੁ ਸਚਾ ਪੁਰਖੁ ਨਿਰਾਲੇ ॥ ਸਚੁ ਸੇਵੀ ਸਚੁ ਮਨਿ ਵਸੈ ਸਚੁ ਸਚਾ ਹਰਿ ਰਖਵਾਲੇ ॥ ਸਚੁ ਸਚਾ ਜਿਨੀ ਅਰਾਧਿਆ ਸੇ ਜਾਇ ਰਲੇ ਸਚ ਨਾਲੇ ॥ ਸਚੁ ਸਚਾ ਜਿਨੀ ਨ ਸੇਵਿਆ ਸੇ ਮਨਮੁਖ ਮੂੜ ਬੇਤਾਲੇ ॥ ਓਹ ਆਲੁ ਪਤਾਲੁ ਮੁਹਹੁ ਬੋਲਦੇ ਜਿਉ ਪੀਤੈ ਮਦਿ ਮਤਵਾਲੇ ॥੧੯॥ {ਪੰਨਾ 311}

ਪਦਅਰਥ:- ਆਲੁ ਪਤਾਲੁ—ਅਕਾਸ਼ ਪਤਾਲ, ਉੱਚਾ ਨੀਵਾਂ, ਬਕਵਾਸ । ਮਦਿ—ਸ਼ਰਾਬ ਦੇ ਕਾਰਨ । ਮਤਵਾਲੇ—ਸ਼ਰਾਬੀ, ਮਸਤ ।

ਅਰਥ:- (ਮੇਰਾ ਚਿੱਤ ਚਾਹੁੰਦਾ ਹੈ ਕਿ) ਜੋ ਨਿਰਾਲਾ ਪੁਰਖ ਸੱਚਾ ਹਰੀ ਹੈ, ਉਸ ਸੱਚੇ ਹਰੀ ਦੀ ਸਿਫ਼ਤਿ ਕਰਾਂ, ਉਸ ਦੀ ਸਿਫ਼ਤਿ ਕੀਤੀ ਹੋਈ ਸਦਾ ਨਾਲ ਨਿਭਦੀ ਹੈ, (ਚਿੱਤ ਲੋਚਦਾ ਹੈ ਕਿ) ਜੋ ਸੱਚਾ ਹਰੀ ਸਭ ਦਾ ਰਾਖਾ ਹੈ ਉਸ ਦੀ ਸੇਵਾ ਕਰਾਂ, ਤੇ ਸੱਚਾ ਹਰੀ ਮੇਰੇ ਮਨ ਵਿਚ ਨਿਵਾਸ ਕਰੇ । ਜਿਨ੍ਹਾਂ ਨੇ ਸੱਚ-ਮੁਚ ਸੱਚਾ ਹਰੀ ਸੇਵਿਆ ਹੈ ਉਹ ਉਸ ਸੱਚੇ ਦੇ ਨਾਲ ਜਾ ਰਲੇ ਹਨ । ਜਿਨ੍ਹਾਂ ਨੇ ਸੱਚੇ ਹਰੀ ਨੂੰ ਨਹੀਂ ਸੇਵਿਆ, ਉਹ ਮਨਮੁਖ ਮੂਰਖ ਤੇ ਭੂਤਨੇ ਮੂੰਹੋਂ ਅਜਿਹਾ ਬਕਵਾਸ ਕਰਦੇ ਹਨ ਜਿਵੇਂ ਸ਼ਰਾਬ ਪੀਤਿਆਂ ਸ਼ਰਾਬੀ (ਬਕਵਾਸ ਕਰਦੇ ਹਨ) ।੧੯।

ਸਲੋਕ ਮਹਲਾ ੩ ॥ ਗਉੜੀ ਰਾਗਿ ਸੁਲਖਣੀ ਜੇ ਖਸਮੈ ਚਿਤਿ ਕਰੇਇ ॥ ਭਾਣੈ ਚਲੈ ਸਤਿਗੁਰੂ ਕੈ ਐਸਾ ਸੀਗਾਰੁ ਕਰੇਇ ॥ ਸਚਾ ਸਬਦੁ ਭਤਾਰੁ ਹੈ ਸਦਾ ਸਦਾ ਰਾਵੇਇ ॥ ਜਿਉ ਉਬਲੀ ਮਜੀਠੈ ਰੰਗੁ ਗਹਗਹਾ ਤਿਉ ਸਚੇ ਨੋ ਜੀਉ ਦੇਇ ॥ ਰੰਗਿ ਚਲੂਲੈ ਅਤਿ ਰਤੀ ਸਚੇ ਸਿਉ ਲਗਾ ਨੇਹੁ ॥ {ਪੰਨਾ 311}

ਪਦਅਰਥ:- ਗਹਗਹਾ—ਗੂੜ੍ਹਾ ।

ਅਰਥ:- (ਜੀਵ-ਰੂਪੀ ਇਸਤ੍ਰੀ) ਗਉੜੀ ਰਾਗਣੀ ਦੁਆਰਾ ਤਾਂ ਹੀ ਚੰਗੇ ਲੱਛਣਾਂ ਵਾਲੀ ਹੋ ਸਕਦੀ ਹੈ ਜੇ ਪ੍ਰਭੂ-ਪਤੀ ਨੂੰ ਹਿਰਦੇ ਵਿਚ ਵਸਾਏ; ਸਤਿਗੁਰੂ ਦੇ ਭਾਣੇ ਵਿਚ ਤੁਰੇ—ਇਹੋ ਜਿਹਾ ਸ਼ਿੰਗਾਰ ਕਰੇ; ਸੱਚਾ ਸ਼ਬਦ (ਰੂਪ ਜੋ) ਖਸਮ (ਹੈ) ਉਸ ਦਾ ਸਦਾ ਆਨੰਦ ਲਏ (ਭਾਵ, ਉਸ ਨੂੰ ਸਦਾ ਜਪੇ) । ਜਿਵੇਂ ਮਜੀਠ ਉਬਾਲਾ ਸਹਾਰਦੀ ਹੈ ਤੇ ਉਸ ਦਾ ਰੰਗ ਗੂੜ੍ਹਾ ਹੋ ਜਾਂਦਾ ਹੈ, ਤਿਵੇਂ (ਜੀਵ ਰੂਪ ਇਸਤ੍ਰੀ) ਆਪਣਾ ਆਪ ਖਸਮ ਤੋਂ ਸਦਕੇ ਕਰੇ, (ਇਸ ਨੂੰ ਭੀ ਨਾਮ ਦਾ ਗੂੜ੍ਹਾ ਰੰਗ ਚੜ੍ਹ ਜਾਏ) ਤਾਂ ਉਸ ਦਾ ਸੱਚੇ ਪ੍ਰਭੂ ਨਾਲ ਪਿਆਰ ਬਣ ਜਾਂਦਾ ਹੈ, ਉਹ (ਨਾਮ ਦੇ) ਗੂੜ੍ਹੇ ਰੰਗ ਵਿਚ ਰੱਤੀ ਜਾਂਦੀ ਹੈ ।

ਕੂੜੁ ਠਗੀ ਗੁਝੀ ਨਾ ਰਹੈ ਕੂੜੁ ਮੁਲੰਮਾ ਪਲੇਟਿ ਧਰੇਹੁ ॥ ਕੂੜੀ ਕਰਨਿ ਵਡਾਈਆ ਕੂੜੇ ਸਿਉ ਲਗਾ ਨੇਹੁ ॥ {ਪੰਨਾ 311}

ਅਰਥ:- ਕੂੜ (ਰੂਪ) ਮੁਲੰਮਾ (ਬੇਸ਼ੱਕ ਸੱਚ ਨਾਲ) ਲਪੇਟ ਕੇ ਰਖੋ, (ਫਿਰ ਭੀ) ਜੋ ਝੂਠ ਤੇ ਠੱਗੀ ਹੈ ਉਹ ਲੁਕੇ ਨਹੀਂ ਰਹਿ ਸਕਦੇ । (ਹਿਰਦੇ ਵਿਚ ਠੱਗੀ ਰੱਖਣ ਵਾਲੇ ਐਵੇਂ) ਝੂਠੀ ਵਡਿਆਈ ਕਰਦੇ ਹਨ, ਉਹਨਾਂ ਦਾ ਪਿਆਰ ਝੂਠ ਨਾਲ ਹੀ ਹੁੰਦਾ ਹੈ (ਤੇ ਇਹ ਗੱਲ ਲੁਕੀ ਨਹੀਂ ਰਹਿੰਦੀ) ।

ਨਾਨਕ ਸਚਾ ਆਪਿ ਹੈ ਆਪੇ ਨਦਰਿ ਕਰੇਇ ॥੧॥ {ਪੰਨਾ 311}

ਅਰਥ:- (ਪਰ) ਹੇ ਨਾਨਕ! (ਇਹ ਕਿਸੇ ਦੇ ਵੱਸ ਨਹੀਂ) ਜੋ ਹਰੀ ਸੱਚਾ ਆਪ ਹੈ ਉਹੋ ਹੀ ਮਿਹਰ ਕਰਦਾ ਹੈ (ਤੇ ਹਿਰਦੇ ਵਿਚੋਂ ਠੱਗੀ ਦੂਰ ਹੋ ਸਕਦੀ ਹੈ) ।੧।

ਮਃ ੪ ॥ ਸਤਸੰਗਤਿ ਮਹਿ ਹਰਿ ਉਸਤਤਿ ਹੈ ਸੰਗਿ ਸਾਧੂ ਮਿਲੇ ਪਿਆਰਿਆ ॥ ਓਇ ਪੁਰਖ ਪ੍ਰਾਣੀ ਧੰਨਿ ਜਨ ਹਹਿ ਉਪਦੇਸੁ ਕਰਹਿ ਪਰਉਪਕਾਰਿਆ ॥ ਹਰਿ ਨਾਮੁ ਦ੍ਰਿੜਾਵਹਿ ਹਰਿ ਨਾਮੁ ਸੁਣਾਵਹਿ ਹਰਿ ਨਾਮੇ ਜਗੁ ਨਿਸਤਾਰਿਆ ॥ {ਪੰਨਾ 311}

ਅਰਥ:– ਸਤਸੰਗ ਵਿਚ ਪਰਮਾਤਮਾ ਦੀ ਸਿਫ਼ਤਿ–ਸਾਲਾਹ ਹੁੰਦੀ ਹੈ (ਕਿਉਂਕਿ ਓਥੇ) ਪਿਆਰੇ (ਗੁਰਸਿੱਖ, ਸੰਤ ਜਨ) ਸਤਿਗੁਰੂ ਦੇ ਨਾਲ ਮਿਲਦੇ ਹਨ । ਉਹ ਮਨੁੱਖ ਮੁਬਾਰਿਕ ਹਨ (ਕਿਉਂਕਿ) ਪਰਉਪਕਾਰ ਲਈ ਉਹ (ਹੋਰਨਾਂ ਨੂੰ ਭੀ) ਉਪਦੇਸ਼ ਕਰਦੇ ਹਨ, ਪ੍ਰਭੂ ਦੇ ਨਾਮ ਵਿਚ ਸਿਦਕ ਬੰਨ੍ਹਾਉਂਦੇ ਹਨ, ਪ੍ਰਭੂ ਦਾ ਨਾਮ ਹੀ ਸੁਣਾਉਂਦੇ ਹਨ ਤੇ ਪ੍ਰਭੂ ਦੇ ਨਾਮ ਦੀ ਰਾਹੀਂ ਹੀ ਸੰਸਾਰ ਨੂੰ ਤਾਰਦੇ ਹਨ, (ਇਹ ਸਾਰੀ ਬਰਕਤਿ ਇਸ ਲਈ ਹੈ ਕਿ ਉਹ ਵਡਭਾਗੀ ਸਤਸੰਗਤਿ ਵਿਚ ਜਾ ਕੇ ਸਤਿਗੁਰੂ ਵਿਚ ਜੁੜਦੇ ਹਨ) ।

ਗੁਰ ਵੇਖਣ ਕਉ ਸਭੁ ਕੋਈ ਲੋਚੈ ਨਵ ਖੰਡ ਜਗਤਿ ਨਮਸਕਾਰਿਆ ॥ ਤੁਧੁ ਆਪੇ ਆਪੁ ਰਖਿਆ ਸਤਿਗੁਰ ਵਿਚਿ ਗੁਰੁ ਆਪੇ ਤੁਧੁ ਸਵਾਰਿਆ ॥ ਤੂ ਆਪੇ ਪੂਜਹਿ ਪੂਜ ਕਰਾਵਹਿ ਸਤਿਗੁਰ ਕਉ ਸਿਰਜਣਹਾਰਿਆ ॥ {ਪੰਨਾ 311}

ਅਰਥ:– (ਇਹ ਬਰਕਤਾਂ ਸੁਣ ਕੇ) ਹਰੇਕ ਜੀਵ ਸਤਿਗੁਰੂ ਦਾ ਦਰਸ਼ਨ ਕਰਨ ਨੂੰ ਤਾਂਘਦਾ ਹੈ ਤੇ ਸੰਸਾਰ ਵਿਚ ਨਵਾਂ ਖੰਡਾਂ (ਦੇ ਜੀਵ) ਸਤਿਗੁਰੂ ਦੇ ਅੱਗੇ ਸਿਰ ਨਿਵਾਂਦੇ ਹਨ । ਸਤਿਗੁਰੂ ਨੂੰ ਪੈਦਾ ਕਰਨ ਵਾਲੇ ਹੇ ਪ੍ਰਭੂ! ਤੂੰ ਆਪਣਾ ਆਪ ਸਤਿਗੁਰੂ ਵਿਚ ਲੁਕਾ ਰੱਖਿਆ ਹੈ ਤੇ ਤੂੰ ਆਪ ਹੀ ਸਤਿਗੁਰੂ ਨੂੰ ਸੁੰਦਰ ਬਣਾਇਆ ਹੈ । ਤੂੰ ਆਪ ਹੀ ਸਤਿਗੁਰੂ ਨੂੰ ਵਡਿਆਈ ਦੇਂਦਾ ਹੈਂ ਤੇ ਆਪ ਹੀ (ਹੋਰਨਾਂ ਪਾਸੋਂ ਗੁਰੂ ਦੀ) ਵਡਿਆਈ ਕਰਾਉਂਦਾ ਹੈਂ ।

ਕੋਈ ਵਿਛੁੜਿ ਜਾਇ ਸਤਿਗੁਰੂ ਪਾਸਹੁ ਤਿਸੁ ਕਾਲਾ ਮੁਹੁ ਜਮਿ ਮਾਰਿਆ ॥ ਤਿਸੁ ਅਗੈ ਪਿਛੈ ਢੋਈ ਨਾਹੀ ਗੁਰਸਿਖੀ ਮਨਿ ਵੀਚਾਰਿਆ ॥ {ਪੰਨਾ 312}

ਅਰਥ:– ਜੋ ਮਨੁੱਖ ਸਤਿਗੁਰੂ ਕੋਲੋਂ ਵਿੱਛੜ ਜਾਏ, ਉਸ ਦਾ ਮੂੰਹ ਕਾਲਾ ਹੁੰਦਾ ਹੈ ਤੇ ਜਮਰਾਜ ਪਾਸੋਂ ਉਸ ਨੂੰ ਮਾਰ ਪੈਂਦੀ ਹੈ, (ਭਾਵ, ਉਹ ਜਗਤ ਵਿਚ ਇਕ ਤਾਂ ਮੁਕਾਲਖ ਖੱਟਦਾ ਹੈ, ਦੂਜੇ ਮੌਤ ਆਦਿਕ ਦਾ ਉਸ ਨੂੰ ਸਦਾ ਸਹਿਮ ਪਿਆ ਰਹਿੰਦਾ ਹੈ) । ਉਸ ਨੂੰ ਨਾ ਇਸ ਲੋਕ ਵਿਚ ਤੇ ਨਾ ਹੀ ਪਰਲੋਕ ਵਿਚ ਕਿਤੇ ਭੀ ਆਸਰਾ ਨਹੀਂ ਮਿਲਦਾ—ਸਭ ਗੁਰਸਿੱਖਾਂ ਨੇ ਮਨ ਵਿਚ ਇਹ ਵਿਚਾਰ ਕੀਤੀ ਹੈ ।

ਸਤਿਗੁਰੂ ਨੋ ਮਿਲੇ ਸੇਈ ਜਨ ਉਬਰੇ ਜਿਨ ਹਿਰਦੈ ਨਾਮੁ ਸਮਾਰਿਆ ॥ ਜਨ ਨਾਨਕ ਕੇ ਗੁਰਸਿਖ ਪੁਤਹਹੁ ਹਰਿ ਜਪਿਅਹੁ ਹਰਿ ਨਿਸਤਾਰਿਆ ॥੨॥ {ਪੰਨਾ 312}

ਅਰਥ:– ਜੋ ਮਨੁੱਖ ਸਤਿਗੁਰੂ ਨੂੰ ਜਾ ਮਿਲਦੇ ਹਨ, ਉਹ (ਸੰਸਾਰ ਸਾਗਰ ਤੋਂ) ਬਚ ਜਾਂਦੇ ਹਨ, ਕਿਉਂਕਿ ਉਹ ਹਿਰਦੇ ਵਿਚ ਨਾਮ ਨੂੰ ਸੰਭਾਲਦੇ ਹਨ । (ਇਸ ਲਈ ਪ੍ਰਭੂ ਦੇ) ਦਾਸ ਨਾਨਕ ਦੇ ਸਿੱਖ ਪੁੱਤਰੋ! ਪ੍ਰਭੂ ਦਾ ਨਾਮ ਜਪੋ, (ਕਿਉਂਕਿ) ਪ੍ਰਭੂ (ਸੰਸਾਰ ਤੋਂ) ਪਾਰ ਉਤਾਰਦਾ ਹੈ ।੨।

ਮਹਲਾ ੩ ॥ ਹਉਮੈ ਜਗਤੁ ਭੁਲਾਇਆ ਦੁਰਮਤਿ ਬਿਖਿਆ ਬਿਕਾਰ ॥ ਸਤਿਗੁਰੁ ਮਿਲੈ ਤ ਨਦਰਿ ਹੋਇ ਮਨਮੁਖ ਅੰਧ ਅੰਧਿਆਰ ॥ ਨਾਨਕ ਆਪੇ ਮੇਲਿ ਲਏ ਜਿਸ ਨੋ ਸਬਦਿ ਲਾਏ ਪਿਆਰੁ ॥੩॥ {ਪੰਨਾ 312}

ਅਰਥ:– ਹਉਮੈ ਨੇ ਜਗਤ ਨੂੰ ਕੁਰਾਹੇ ਪਾਇਆ ਹੋਇਆ ਹੈ, ਖੋਟੀ ਮਤਿ ਤੇ ਮਾਇਆ ਵਿਚ (ਫਸ ਕੇ) ਵਿਕਾਰ ਕਰੀ ਜਾਂਦਾ ਹੈ । ਜਿਸ ਮਨੁੱਖ ਨੂੰ ਗੁਰੂ ਮਿਲਦਾ ਹੈ ਉਸ ਤੇ (ਪ੍ਰਭੂ ਦੀ ਮਿਹਰ ਦੀ) ਨਜ਼ਰ ਹੁੰਦੀ ਹੈ, ਮਨ ਦੇ ਮੁਰੀਦ ਮਨੁੱਖ ਨਦਾਰ ਅੰਨ੍ਹੇ ਰਹਿੰਦੇ ਹਨ । ਹੇ ਨਾਨਕ! ਹਰੀ ਜਿਸ ਮਨੁੱਖ ਦਾ ਪਿਆਰ ਸ਼ਬਦ ਵਿਚ ਲਾਂਦਾ ਹੈ,

ਉਸ ਨੂੰ ਹਰੀ ਆਪ ਹੀ ਆਪਣੇ ਨਾਲ ਮੇਲ ਲੈਂਦਾ ਹੈ ।੩।

ਪਉੜੀ ॥ ਸਚੁ ਸਚੇ ਕੀ ਸਿਫਤਿ ਸਲਾਹ ਹੈ ਸੋ ਕਰੇ ਜਿਸੁ ਅੰਦਰੁ ਭਿਜੈ ॥ ਜਿਨੀ ਇਕ ਮਨਿ ਇਕੁ ਅਰਾਧਿਆ ਤਿਨ ਕਾ ਕੰਧੁ ਨ ਕਬਹੂ ਛਿਜੈ ॥ ਧਨੁ ਧਨੁ ਪੁਰਖ ਸਾਬਾਸਿ ਹੈ ਜਿਨ ਸਚੁ ਰਸਨਾ ਅੰਮ੍ਰਿਤੁ ਪਿਜੈ ॥ ਸਚੁ ਸਚਾ ਜਿਨ ਮਨਿ ਭਾਵਦਾ ਸੇ ਮਨਿ ਸਚੀ ਦਰਗਹ ਲਿਜੈ ॥ ਧਨੁ ਧੰਨੁ ਜਨਮੁ ਸਚਿਆਰੀਆ ਮੁਖ ਉਜਲ ਸਚੁ ਕਰਿਜੈ ॥੨੦॥ {ਪੰਨਾ 312}

ਪਦਅਰਥ:- ਅੰਦਰੁ—ਹਿਰਦਾ । ਇਕਿ ਮਨਿ—ਇਕ ਮਨ ਨਾਲ, ਮਨ ਲਾ ਕੇ । ਕੰਧੁ—ਸਰੀਰ । ਮਨਿ ਲਿਜੈ—ਮੰਨ ਲਏ ਜਾਂਦੇ ਹਨ, ਆਦਰ ਪਾਂਦੇ ਹਨ । ਸਚਿਆਰੀਆ—ਸਚਿਆਰਿਆਂ, ਸੱਚ ਦੇ ਵਪਾਰੀਆਂ ਦਾ ।

ਅਰਥ:- ਸੱਚੇ ਪ੍ਰਭੂ ਦੀ (ਕੀਤੀ ਹੋਈ) ਸਿਫ਼ਤਿ-ਸਾਲਾਹ ਸਦਾ-ਥਿਰ ਰਹਿਣ ਵਾਲੀ ਹੈ; (ਇਹ ਸਿਫ਼ਤਿ-ਸਾਲਾਹ) ਉਹ ਮਨੁੱਖ ਕਰ ਸਕਦਾ ਹੈ ਜਿਸ ਦਾ ਹਿਰਦਾ (ਭੀ) (ਸਿਫ਼ਤਿ ਵਿਚ) ਭਿੱਜਾ ਹੋਇਆ ਹੋਵੇ । ਜੋ ਮਨੁੱਖ ਏਕਾਗਰ-ਚਿੱਤ ਹੋ ਕੇ ਇਕ ਹਰੀ ਦਾ ਸਿਮਰਨ ਕਰਦੇ ਹਨ, ਉਹਨਾਂ ਦਾ ਸਰੀਰ ਕਦੀ ਛਿੱਜਦਾ ਨਹੀਂ (ਵਿਕਾਰਾਂ ਵਿਚ ਖਚਿਤ ਨਹੀਂ ਹੁੰਦਾ) । ਉਹ ਮਨੁੱਖ ਧੰਨ ਹਨ, ਸ਼ਾਬਾਸ਼ੇ ਉਹਨਾਂ ਨੂੰ ਜੋ ਜੀਭ ਨਾਲ ਸੱਚਾ ਨਾਮ ਅੰਮ੍ਰਿਤ ਪੀਂਦੇ ਹਨ । ਜਿਨ੍ਹਾਂ ਦੇ ਮਨ ਵਿਚ ਸੱਚਾ ਹਰੀ ਸਚਮੁਚ ਪਿਆਰਾ ਲੱਗਦਾ ਹੈ ਉਹ ਸੱਚੀ ਦਰਗਾਹ ਵਿਚ ਸਤਕਾਰੇ ਜਾਂਦੇ ਹਨ । ਸੱਚ ਦੇ ਵਪਾਰੀਆਂ ਦਾ ਮਨੁੱਖਾ ਜਨਮ ਸਫਲਾ ਹੈ (ਕਿਉਂਕਿ ਦਰਗਾਹ ਵਿਚ) ਉਹ ਸੁਰਖ਼ਰੂ ਕੀਤੇ ਜਾਂਦੇ ਹਨ ।੨।

ਸਲੋਕ ਮਃ ੪ ॥ ਸਾਕਤ ਜਾਇ ਨਿਵਹਿ ਗੁਰ ਆਗੈ ਮਨਿ ਖੋਟੇ ਕੂੜਿ ਕੂੜਿਆਰੇ ॥ ਜਾ ਗੁਰੁ ਕਹੈ ਉਠਹੁ ਮੇਰੇ ਭਾਈ ਬਹਿ ਜਾਹਿ ਘੁਸਰਿ ਬਗੁਲਾਰੇ ॥ {ਪੰਨਾ 312}

ਪਦਅਰਥ:- ਸਾਕਤ—ਰੱਬ ਨਾਲੋਂ ਟੁਟੇ ਹੋਏ ਬੰਦੇ ।

ਅਰਥ:- ਜੇ ਸਾਕਤ ਮਨੁੱਖ ਸਤਿਗੁਰੂ ਦੇ ਅੱਗੇ ਜਾ ਭੀ ਨਿਉਣ, (ਤਾਂ ਭੀ) ਉਹ ਮਨੋਂ ਖੋਟੇ (ਰਹਿੰਦੇ ਹਨ) ਤੇ ਖੋਟੇ ਹੋਣ ਕਰਕੇ ਕੂੜ ਦੇ ਹੀ ਵਪਾਰੀ ਬਣੇ ਰਹਿੰਦੇ ਹਨ । ਜਦੋਂ ਸਤਿਗੁਰੂ (ਸਭ ਸਿੱਖਾਂ ਨੂੰ) ਆਖਦਾ ਹੈ—'ਹੇ ਮੇਰੇ ਭਰਾਵੋ, ਸੁਚੇਤ ਹੋਵੋ!' (ਤਾਂ ਇਹ ਸਾਕਤ ਭੀ) ਬਗਲਿਆਂ ਵਾਂਗ (ਸਿੱਖਾਂ ਵਿਚ) ਰਲ ਕੇ ਬਹਿ ਜਾਂਦੇ ਹਨ ।

ਗੁਰਸਿਖਾ ਅੰਦਰਿ ਸਤਿਗੁਰੁ ਵਰਤੈ ਚੁਣਿ ਕਢੇ ਲਧੋਵਾਰੇ ॥ ਓਇ ਅਗੈ ਪਿਛੈ ਬਹਿ ਮੁਹੁ ਛਪਾਇਨਿ ਨ ਰਲਨੀ ਖੋਟੇਆਰੇ ॥ {ਪੰਨਾ 312}

ਪਦਅਰਥ:- ਅੰਦਰਿ—ਪਉੜੀ ਨੰ: ੨੦ ਦੇ ਲਫ਼ਜ਼ 'ਅੰਦਰੁ' ਤੇ ਇਸ ਲਫਜ਼ ਦਾ ਫ਼ਰਕ ਚੇਤੇ ਰੱਖਣ-ਜੋਗ ਹੈ । ਲਧੋਵਾਰੇ—ਲਾਧ-ਪਰਖ ਦੇ ਵੇਲੇ, ਜਦੋਂ ਪਰਖ ਕੀਤੀ ਜਾਂਦੀ ਹੈ ।

ਅਰਥ:- (ਪਰ ਸਾਕਤਾਂ ਦੇ ਹਿਰਦੇ ਵਿਚ ਕੂੜ ਵੱਸਦਾ ਹੈ) ਤੇ ਗੁਰਸਿੱਖਾਂ ਦੇ ਹਿਰਦੇ ਵਿਚ ਸਤਿਗੁਰੂ ਵੱਸਦਾ ਹੈ, (ਇਸ ਕਰਕੇ ਸਿੱਖਾਂ ਵਿਚ ਰਲ ਕੇ ਬੈਠੇ ਹੋਏ ਭੀ ਸਾਕਤ) ਲਾਧ ਦੇ ਵੇਲੇ ਚੁਣ ਕੇ ਕੱਢੇ ਜਾਂਦੇ ਹਨ । ਉਹ ਅਗਾਂਹ ਪਿਛਾਂਹ ਹੋ ਕੇ ਮੂੰਹ ਤਾਂ ਬਥੇਰਾ ਲੁਕਾਂਦੇ ਹਨ, ਪਰ ਕੂੜ ਦੇ ਵਪਾਰੀ (ਸਿੱਖਾਂ ਵਿਚ) ਰਲ ਨਹੀਂ ਸਕਦੇ ।

ਓਨਾ ਦਾ ਭਖੁ ਸੁ ਓਥੈ ਨਾਹੀ ਜਾਇ ਕੂੜੁ ਲਹਨਿ ਭੇਡਾਰੇ ॥ ਜੇ ਸਾਕਤੁ ਨਰੁ ਖਾਵਾਈਐ ਲੋਚੀਐ ਬਿਖੁ ਕਢੈ ਮੁਖਿ ਉਗਲਾਰੇ ॥ {ਪੰਨਾ 312}

ਅਰਥ:- ਸਾਕਤਾਂ ਦਾ ਖਾਣਾ ਓਥੇ (ਗੁਰਸਿਖਾਂ ਦੇ ਸੰਗ ਵਿਚ) ਨਹੀਂ ਹੁੰਦਾ, (ਇਸ ਵਾਸਤੇ) ਭੇਡਾਂ ਵਾਂਗ (ਕਿਸੇ ਹੋਰ ਥਾਂ) ਜਾ ਕੇ ਕੂੜ ਨੂੰ ਲੱਭਦੇ ਹਨ । ਜੇ ਸਾਕਤ ਮਨੁੱਖ ਨੂੰ (ਨਾਮ-ਰੂਪ) ਚੰਗਾ ਪਦਾਰਥ ਖਵਾਣ ਦੀ ਇੱਛਾ ਭੀ ਕਰੀਏ ਤਾਂ ਭੀ ਉਹ ਮੂੰਹੋਂ (ਨਿੰਦਾ-ਰੂਪ) ਵਿਹੁ ਹੀ ਉਗਲ ਕੇ ਕੱਢਦਾ ਹੈ ।

ਹਰਿ ਸਾਕਤ ਸੇਤੀ ਸੰਗੁ ਨ ਕਰੀਅਹੁ ਓਇ ਮਾਰੇ ਸਿਰਜਣਹਾਰੇ ॥ ਜਿਸ ਕਾ ਇਹੁ ਖੇਲੁ ਸੋਈ ਕਰਿ ਵੇਖੈ ਜਨ ਨਾਨਕ ਨਾਮੁ ਸਮਾਰੇ ॥੧॥ {ਪੰਨਾ 312}

ਅਰਥ:- (ਹੇ ਸੰਤ ਜਨੋਂ!) ਰੱਬ ਤੋਂ ਟੁੱਟੇ ਹੋਏ ਨਾਲ ਸਾਥ ਨਾ ਕਰਿਓ, (ਕਿਉਂਕਿ) ਸਿਰਜਨਹਾਰ ਨੇ ਆਪ ਉਹਨਾਂ ਨੂੰ (ਨਾਮ ਵਲੋਂ) ਮੁਰਦਾ ਕੀਤਾ ਹੋਇਆ ਹੈ, (ਉਹਨਾਂ ਨੂੰ ਸਿੱਧੇ ਰਾਹ ਤੇ ਲਿਆਉਣਾ ਕਿਸੇ ਜੀਵ ਦੇ ਵੱਸ ਨਹੀਂ), ਜਿਸ ਪ੍ਰਭੂ ਦਾ ਇਹ ਖੇਲ ਹੈ ਉਹ ਆਪ ਇਸ ਖੇਲ ਨੂੰ ਰਚ ਕੇ ਵੇਖ ਰਿਹਾ ਹੈ । ਹੇ ਦਾਸ ਨਾਨਕ! ਤੂੰ ਪ੍ਰਭੂ ਦਾ ਨਾਮ ਸੰਭਾਲ ।੧।

ਮਃ ੪ ॥ ਸਤਿਗੁਰੁ ਪੁਰਖੁ ਅਗੰਮੁ ਹੈ ਜਿਸੁ ਅੰਦਰਿ ਹਰਿ ਉਰਿ ਧਾਰਿਆ ॥ ਸਤਿਗੁਰੂ ਨੋ ਅਪੜਿ ਕੋਇ ਨ ਸਕਈ ਜਿਸੁ ਵਲਿ ਸਿਰਜਣਹਾਰਿਆ ॥ ਸਤਿਗੁਰੂ ਕਾ ਖੜਗੁ ਸੰਜੋਉ ਹਰਿ ਭਗਤਿ ਹੈ ਜਿਤੁ ਕਾਲੁ ਕੰਟਕੁ ਮਾਰਿ ਵਿਡਾਰਿਆ ॥ ਸਤਿਗੁਰੂ ਕਾ ਰਖਣਹਾਰਾ ਹਰਿ ਆਪਿ ਹੈ ਸਤਿਗੁਰੂ ਕੈ ਪਿਛੈ ਹਰਿ ਸਭਿ ਉਬਾਰਿਆ ॥ {ਪੰਨਾ 312}

ਪਦਅਰਥ:- ਅਗੰਮੁ—ਪਹੁੰਚ ਤੋਂ ਪਰੇ । ਖੜਗੁ—ਤਲਵਾਰ । ਸੰਜੋਉ—ਜ਼ਿਰਹ-ਬਕਤਰ, ਜੰਗ ਵਿਚ ਸਰੀਰ ਦੀ ਰਾਖੀ ਵਾਸਤੇ ਪਾਈ ਹੋਈ ਲੋਹੇ ਦੀ ਪੁਸ਼ਾਕ ।

ਅਰਥ:- ਸਤਿਗੁਰੂ ਅਗੰਮ ਪੁਰਖ ਹੈ ਜਿਸ ਨੇ ਹਿਰਦੇ ਵਿਚ ਪ੍ਰਭੂ ਨੂੰ ਪਰੋਤਾ ਹੋਇਆ ਹੈ । ਸਤਿਗੁਰੂ ਦੀ ਬਰਾਬਰੀ ਕੋਈ ਨਹੀਂ ਕਰ ਸਕਦਾ, ਕਿਉਂਕਿ ਸਿਰਜਨਹਾਰ ਉਸ ਦੇ ਵੱਲ ਹੈ । ਸਤਿਗੁਰੂ ਦੀ ਖੜਗ ਤੇ ਸੰਜੋਅ ਪ੍ਰਭੂ ਦੀ ਭਗਤੀ ਹੈ ਜਿਸ ਨਾਲ ਉਸ ਨੇ ਕਾਲ (-ਰੂਪ) ਕੰਡੇ ਨੂੰ (ਭਾਵ, ਮੌਤ ਦੇ ਡਰ ਨੂੰ) ਮਾਰ ਕੇ ਪਰੇ ਸੁੱਟਿਆ ਹੈ । ਸਤਿਗੁਰੂ ਦਾ ਰਾਖਾ ਪ੍ਰਭੂ ਆਪ ਹੈ ਤੇ ਸਤਿਗੁਰੂ ਦੇ ਪੂਰਨਿਆਂ ਤੇ ਤੁਰਨ ਵਾਲੇ ਸਭਨਾਂ ਨੂੰ ਭੀ ਪ੍ਰਭੂ ਬਚਾ ਲੈਂਦਾ ਹੈ ।

ਜੋ ਮੰਦਾ ਚਿਤਵੈ ਪੂਰੇ ਸਤਿਗੁਰੂ ਕਾ ਸੋ ਆਪਿ ਉਪਾਵਣਹਾਰੈ ਮਾਰਿਆ ॥ ਏਹ ਗਲ ਹੋਵੈ ਹਰਿ ਦਰਗਹ ਸਚੇ ਕੀ ਜਨ ਨਾਨਕ ਅਗਮੁ ਵੀਚਾਰਿਆ ॥੨॥ {ਪੰਨਾ 312}

ਅਰਥ:- ਜੋ ਮਨੁੱਖ ਪੂਰੇ ਸਤਿਗੁਰੂ ਦਾ ਬੁਰਾ ਲੋਚਦਾ ਹੈ, ਉਸ ਨੂੰ ਆਪ ਕਰਤਾਰ ਮਾਰਦਾ ਹੈ । ਸੱਚੇ ਹਰੀ ਦੀ ਦਰਗਾਹ ਵਿਚ ਇਹ ਨਿਆਂ ਹੁੰਦਾ ਹੈ, ਤੇ ਹੇ ਨਾਨਕ! ਅਗੰਮ ਹਰੀ ਦਾ ਸਿਮਰਨ ਕੀਤਿਆਂ (ਇਹ ਸਮਝ ਪੈਂਦੀ ਹੈ) ।੨।

ਪਉੜੀ ॥ ਸਚੁ ਸੁਤਿਆ ਜਿਨੀ ਅਰਾਧਿਆ ਜਾ ਉਠੇ ਤਾ ਸਚੁ ਚਵੇ ॥ ਸੇ ਵਿਰਲੇ ਜੁਗ ਮਹਿ ਜਾਣੀਅਹਿ ਜੋ ਗੁਰਮੁਖਿ ਸਚੁ ਰਵੇ ॥ ਹਉ ਬਲਿਹਾਰੀ ਤਿਨ ਕਉ ਜਿ ਅਨਦਿਨੁ ਸਚੁ ਲਵੇ ॥ ਜਿਨ ਮਨਿ ਤਨਿ ਸਚਾ ਭਾਵਦਾ ਸੇ ਸਚੀ ਦਰਗਹ ਗਵੇ ॥ ਜਨੁ ਨਾਨਕੁ ਬੋਲੈ ਸਚੁ ਨਾਮੁ ਸਚੁ ਸਚਾ ਸਦਾ ਨਵੇ ॥੨੧॥ {ਪੰਨਾ 312}

ਪਦਅਰਥ:- ਚਵੇ—ਬੋਲਦੇ ਹਨ । ਜੁਗ—ਮਨੁੱਖਾ ਜਨਮ । ਰਵੇ—ਸਿਮਰਦੇ ਹਨ । ਲਵੇ—ਬੋਲਦੇ ਹਨ । ਗਵੇ—ਪਹੁੰਚਦੇ ਹਨ ।

ਅਰਥ:- ਜੋ ਮਨੁੱਖ ਸੁੱਤੇ ਹੋਏ ਭੀ ਸੱਚੇ ਹਰੀ ਨੂੰ ਸਿਮਰਦੇ ਹਨ ਤੇ ਉੱਠ ਕੇ ਭੀ ਉਸੇ ਦਾ ਨਾਮ ਉਚਾਰਦੇ ਹਨ, ਮਨੁੱਖਾ ਜਨਮ ਵਿਚ ਇਹੋ ਜਿਹੇ ਮਨੁੱਖ ਵਿਰਲੇ ਹੀ ਲੱਭਦੇ ਹਨ ਜੋ ਗੁਰੂ ਦੇ ਸਨਮੁਖ ਰਹਿ ਕੇ ਇਸ ਤਰ੍ਹਾਂ ਸੱਚੇ ਨਾਮ ਦਾ ਆਨੰਦ ਲੈਂਦੇ ਹਨ । ਮੈਂ ਉਹਨਾਂ ਤੋਂ ਸਦਕੇ ਹਾਂ ਜੋ ਰੋਜ਼ (ਭਾਵ, ਹਰ ਵੇਲੇ) ਸੱਚੇ ਪ੍ਰਭੂ ਦਾ ਨਾਮ ਉਚਾਰਦੇ ਹਨ ।

ਜਿਨ੍ਹਾਂ ਮਨੁੱਖਾਂ ਨੂੰ ਮਨ ਵਿਚ ਤੇ ਸਰੀਰ ਵਿਚ ਸੱਚਾ ਪ੍ਰਭੂ ਪਿਆਰਾ ਲੱਗਦਾ ਹੈ (ਭਾਵ, ਜਿਨ੍ਹਾਂ ਨੂੰ ਹਰੀ ਦੀ ਯਾਦ ਭੀ ਤੇ ਹਰੀ ਦੀ ਕਾਰ ਭੀ ਪਿਆਰੀ ਲੱਗਦੀ ਹੈ) ਉਹ ਸੱਚੀ ਦਰਗਾਹ ਵਿਚ ਪਹੁੰਚਦੇ ਹਨ । ਦਾਸ ਨਾਨਕ ਭੀ ਉਸ ਹਰੀ ਦਾ ਨਾਮ ਉਚਾਰਦਾ ਹੈ, ਜੋ ਸਦਾ-ਥਿਰ ਰਹਿਣ ਵਾਲਾ ਹੈ (ਭਾਵ, ਹਰ ਵੇਲੇ ਪਿਆਰਾ ਲੱਗਣ ਵਾਲਾ ਹੈ) ।੨੧।

ਸਲੋਕੁ ਮਃ ੪ ॥ ਕਿਆ ਸਵਣਾ ਕਿਆ ਜਾਗਣਾ ਗੁਰਮੁਖਿ ਤੇ ਪਰਵਾਣੁ ॥ ਜਿਨਾ ਸਾਸਿ ਗਿਰਾਸਿ ਨ ਵਿਸਰੈ ਸੇ ਪੂਰੇ ਪੁਰਖ ਪਰਧਾਨ ॥ {ਪੰਨਾ 313}

ਅਰਥ:- ਸੌਣਾ ਕੀਹ ਤੇ ਜਾਗਣਾ ਕੀਹ, ਜੋ ਮਨੁੱਖ ਸਤਿਗੁਰੂ ਦੇ ਸਨਮੁਖ ਹਨ ਉਹਨਾਂ ਲਈ ਇਹ ਦੋਵੇਂ ਹਾਲਤਾਂ ਇਕੋ ਜਿਹੀਆਂ ਹਨ—ਕਿ ਉਹਨਾਂ ਨੂੰ ਪ੍ਰਭੂ ਇਕ ਦਮ ਭੀ ਨਹੀਂ ਵਿੱਸਰਦਾ ਤੇ ਉਹ ਮਨੁੱਖ (ਸਰਬ ਗੁਣ) ਸੰਪੂਰਣ ਤੇ ਉੱਤਮ ਹੁੰਦੇ ਹਨ (ਭਾਵ, ਸੁੱਤੇ ਹੋਏ ਭੀ ਨਾਮ ਵਿੱਚ ਜੁੜੇ ਰਹਿੰਦੇ ਹਨ ਤੇ ਜਾਗਦੇ ਭੀ । ਲੋਕਾਂ ਨੂੰ ਉਹ ਸੁੱਤੇ ਜਾਂ ਜਾਗਦੇ ਦਿੱਸਦੇ ਹਨ, ਉਹ ਸਦਾ ਨਾਮ ਵਿਚ ਲੀਨ ਰਹਿੰਦੇ ਹਨ) ।

ਕਰਮੀ ਸਤਿਗੁਰੁ ਪਾਈਐ ਅਨਦਿਨੁ ਲਗੈ ਧਿਆਨੁ ॥ ਤਿਨ ਕੀ ਸੰਗਤਿ ਮਿਲਿ ਰਹਾ ਦਰਗਹ ਪਾਈ ਮਾਨੁ ॥ {ਪੰਨਾ 313}

ਅਰਥ:- (ਪ੍ਰਭੂ ਦੀ) ਮਿਹਰ ਨਾਲ ਸਤਿਗੁਰੂ ਮਿਲਦਾ ਹੈ ਤੇ ਹਰ ਵੇਲੇ (ਸੁੱਤਿਆਂ ਤੇ ਜਾਗਦਿਆਂ ਮਿਹਰ ਨਾਲ ਹੀ) ਜੀਵ ਦਾ ਧਿਆਨ (ਨਾਮ ਵਿਚ ਜੁੜਿਆ ਰਹਿੰਦਾ ਹੈ) । (ਚਿੱਤ ਲੋਚਦਾ ਹੈ ਕਿ) ਮੈਂ ਭੀ ਉਹਨਾਂ ਦੀ ਸੰਗਤਿ ਕਰਾਂ ਤੇ ਪ੍ਰਭੂ ਦੀ ਹਜ਼ੂਰੀ ਵਿਚ ਆਦਰ ਪਾਵਾਂ ।

ਸਉਦੇ ਵਾਹੁ ਵਾਹੁ ਉਚਰਹਿ ਉਠਦੇ ਭੀ ਵਾਹੁ ਕਰੇਨਿ ॥ ਨਾਨਕ ਤੇ ਮੁਖ ਉਜਲੇ ਜਿ ਨਿਤ ਉਠਿ ਸੰਮਾਲੇਨਿ ॥੧॥ {ਪੰਨਾ 313}

ਪਦਅਰਥ:- ਵਾਹੁ ਵਾਹੁ—ਸਿਫ਼ਤਿ-ਸਾਲਾਹ । ਉਠਿ—ਉੱਠ ਕੇ, ਸੁਚੇਤ ਹੋ ਕੇ ।

ਅਰਥ:- (ਸਤਿਗੁਰੂ ਦੇ ਸਨਮੁਖ ਹੋਏ ਹੋਏ ਉਹ ਵਡਭਾਗੀ ਜੀਉੜੇ) ਸੌਣ ਲੱਗੇ ਭੀ ਸਿਫ਼ਤਿ-ਸਾਲਾਹ ਕਰਦੇ ਹਨ

ਤੇ ਉਠਣ ਵੇਲੇ ਭੀ । ਹੇ ਨਾਨਕ! ਉਹ ਮੂੰਹ ਉੱਜਲੇ ਹੁੰਦੇ ਹਨ, ਜੋ ਸਦਾ ਸੁਚੇਤ ਰਹਿ ਕੇ ਨਾਮ ਚੇਤੇ ਰੱਖਦੇ ਹਨ ।੧।

ਮਃ ੪ ॥ ਸਤਿਗੁਰੁ ਸੇਵੀਐ ਆਪਣਾ ਪਾਈਐ ਨਾਮੁ ਅਪਾਰੁ ॥ ਭਉਜਲਿ ਡੁਬਦਿਆ ਕਢਿ ਲਏ ਹਰਿ ਦਾਤਿ ਕਰੇ ਦਾਤਾਰੁ ॥ {ਪੰਨਾ 313}

ਅਰਥ:- ਆਪਣੇ ਸਤਿਗੁਰੂ ਦੀ ਦੱਸੀ ਹੋਈ ਕਾਰ ਕਰੀਏ, ਤਾਂ ਨਾਹ ਮੁੱਕਣ ਵਾਲਾ ਨਾਮ (ਭਾਵ, ਨਾਮ ਦਾ ਖ਼ਜ਼ਾਨਾ) ਮਿਲ ਜਾਂਦਾ ਹੈ, ਦਾਤਾਂ ਦੇਣ ਵਾਲਾ ਹਰੀ (ਨਾਮ ਦੀ ਇਹ) ਦਾਤਿ ਬਖ਼ਸ਼ਦਾ ਹੈ ਤੇ (ਨਾਮ) ਸੰਸਾਰ-ਸਾਗਰ ਵਿਚ ਡੁਬੱਦੇ ਨੂੰ ਕੱਢ ਲੈਂਦਾ ਹੈ ।

ਧੰਨੁ ਧੰਨੁ ਸੇ ਸਾਹ ਹੈ ਜਿ ਨਾਮਿ ਕਰਹਿ ਵਾਪਾਰੁ ॥ ਵਣਜਾਰੇ ਸਿਖ ਆਵਦੇ ਸਬਦਿ ਲਘਾਵਣਹਾਰੁ ॥ {ਪੰਨਾ 313}

ਅਰਥ:- ਜੋ ਸ਼ਾਹ ਨਾਮ (ਦੀ ਰਾਸਿ) ਨਾਲ ਵਪਾਰ ਕਰਦੇ ਹਨ ਉਹ ਵਡਭਾਗੀ ਹਨ, (ਕਿਉਂਕਿ ਇਹੋ ਜਿਹਾ) ਵਣਜ ਕਰਨ ਵਾਲੇ ਜੋ ਸਿੱਖ (ਸਤਿਗੁਰੂ ਦੇ ਕੋਲ) ਆਉਂਦੇ ਹਨ, (ਸਤਿਗੁਰੂ ਉਹਨਾਂ ਨੂੰ ਆਪਣੇ) ਸ਼ਬਦ ਰਾਹੀਂ (ਭਉਜਲ ਤੋਂ) ਪਾਰ ਉਤਾਰ ਦੇਂਦਾ ਹੈ ।

ਜਨ ਨਾਨਕ ਜਿਨ ਕਉ ਕ੍ਰਿਪਾ ਭਈ ਤਿਨ ਸੇਵਿਆ ਸਿਰਜਣਹਾਰੁ ॥੨॥ {ਪੰਨਾ 313}

ਅਰਥ:- (ਪਰ) ਹੇ ਦਾਸ ਨਾਨਕ! ਸਿਰਜਣਹਾਰ ਪ੍ਰਭੂ ਦੀ ਬੰਦਗੀ ਉਹੀ ਮਨੁੱਖ ਕਰਦੇ ਹਨ, ਜਿਨ੍ਹਾਂ ਤੇ ਪ੍ਰਭੂ ਆਪ ਮਿਹਰ ਕਰਦਾ ਹੈ ।੨।

ਪਉੜੀ ॥ ਸਚੁ ਸਚੇ ਕੇ ਜਨ ਭਗਤ ਹਹਿ ਸਚੁ ਸਚਾ ਜਿਨੀ ਅਰਾਧਿਆ ॥ ਜਿਨ ਗੁਰਮੁਖਿ ਖੋਜਿ ਢੰਢੋਲਿਆ ਤਿਨ ਅੰਦਰਹੁ ਹੀ ਸਚੁ ਲਾਧਿਆ ॥ ਸਚੁ ਸਾਹਿਬੁ ਸਚੁ ਜਿਨੀ ਸੇਵਿਆ ਕਾਲੁ ਕੰਟਕੁ ਮਾਰਿ ਤਿਨੀ ਸਾਧਿਆ ॥ ਸਚੁ ਸਚਾ ਸਭ ਦੂ ਵਡਾ ਹੈ ਸਚੁ ਸੇਵਨਿ ਸੇ ਸਚਿ ਰਲਾਧਿਆ ॥ ਸਚੁ ਸਚੇ ਨੋ ਸਾਬਾਸਿ ਹੈ ਸਚੁ ਸਚਾ ਸੇਵਿ ਫਲਾਧਿਆ ॥੨੨॥ {ਪੰਨਾ 313}

ਪਦਅਰਥ:- ਕੰਟਕੁ—ਕੰਡਾ । ਸੇਵਨਿ—ਸਿਮਰਦੇ ਹਨ ।

ਅਰਥ:- ਜੋ ਮਨੁੱਖ ਸੱਚੇ ਹਰੀ ਦਾ ਸਚ-ਮੁਚ ਭਜਨ ਕਰਦੇ ਹਨ, ਉਹੋ ਹੀ ਸੱਚੇ ਦੇ ਭਗਤ (ਕਹੀਦੇ) ਹਨ । ਜੋ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਖੋਜ ਕੇ ਢੂੰਢਦੇ ਹਨ (ਭਾਵ, ਜਤਨ ਨਾਲ ਭਾਲਦੇ ਹਨ) ਉਹ ਆਪਣੇ ਹਿਰਦੇ ਵਿਚ ਹੀ ਪ੍ਰਭੂ ਨੂੰ ਲੱਭ ਲੈਂਦੇ ਹਨ । ਜਿਨ੍ਹਾਂ ਮਨੁੱਖਾਂ ਨੇ ਸੱਚਾ ਸਾਈਂ ਸਚ-ਮੁਚ ਸੇਵਿਆ ਹੈ ਉਹਨਾਂ ਨੇ ਦੁਖਦਾਈ ਕਾਲ ਨੂੰ ਮਾਰ ਕੇ ਕਾਬੂ ਕਰ ਲਿਆ ਹੈ, (ਭਾਵ, ਉਹਨਾਂ ਨੂੰ ਕਾਲ ਕੰਡੇ ਵਾਂਗ ਦੁਖਦਾਈ ਨਹੀਂ ਜਾਪਦਾ) । ਜੋ ਸੱਚਾ ਹਰੀ ਸਭ ਤੋਂ ਵੱਡਾ ਹੈ, ਉਸ ਦੀ ਬੰਦਗੀ ਜੋ ਮਨੁੱਖ ਕਰਦੇ ਹਨ, ਉਹ ਉਸ ਵਿਚ ਹੀ ਲੀਨ ਹੋ ਜਾਂਦੇ ਹਨ । ਧੰਨ ਹੈ ਸੱਚਾ ਪ੍ਰਭੂ, ਧੰਨ ਹੈ ਸੱਚਾ ਪ੍ਰਭੂ (ਇਸ ਤਰ੍ਹਾਂ) ਜੋ ਮਨੁੱਖ ਸਚ-ਮੁਚ ਸੱਚੇ ਦੀ ਅਰਾਧਨਾ ਕਰਦੇ ਹਨ, ਉਹਨਾਂ ਨੂੰ ਉੱਤਮ ਫਲ ਪ੍ਰਾਪਤ ਹੁੰਦਾ ਹੈ (ਭਾਵ, ਉਹ ਮਨੁੱਖਾ ਜਨਮ ਨੂੰ ਸਫਲਾ ਕਰ ਲੈਂਦੇ ਹਨ) ।੨੨।

ਸਲੋਕ ਮਃ ੪ ॥ ਮਨਮੁਖੁ ਪ੍ਰਾਣੀ ਮੁਗਧੁ ਹੈ ਨਾਮਹੀਣ ਭਰਮਾਇ ॥ ਬਿਨੁ ਗੁਰ ਮਨੂਆ ਨਾ ਟਿਕੈ ਫਿਰਿ ਫਿਰਿ ਜੂਨੀ ਪਾਇ ॥ {ਪੰਨਾ 313}

ਪਦਅਰਥ:- ਮੁਗਧੁ—ਮੂਰਖ । ਮਨੂਆ—ਹੋਛਾ ਮਨ ।

ਅਰਥ:- ਮਨਮੁਖ ਮਨੁੱਖ ਮੂਰਖ ਹੈ, ਨਾਮ ਤੋਂ ਸੱਖਣਾ ਭਟਕਦਾ ਫਿਰਦਾ ਹੈ । ਸਤਿਗੁਰੂ ਤੋਂ ਬਿਨਾ ਉਸ ਦਾ ਹੋਛਾ ਮਨ (ਕਿਸੇ ਆਸਰੇ ਤੇ) ਟਿਕ ਨਹੀਂ ਸਕਦਾ (ਇਸ ਵਾਸਤੇ) ਫਿਰ ਫਿਰ ਜੂਨਾਂ ਵਿਚ ਪੈਂਦਾ ਹੈ ।

ਹਰਿ ਪ੍ਰਭੁ ਆਪਿ ਦਇਆਲ ਹੋਹਿ ਤਾਂ ਸਤਿਗੁਰੁ ਮਿਲਿਆ ਆਇ ॥ ਜਨ ਨਾਨਕ ਨਾਮੁ ਸਲਾਹਿ ਤੂ ਜਨਮ ਮਰਣ ਦੁਖੁ ਜਾਇ ॥੧॥ {ਪੰਨਾ 313}

ਪਦਅਰਥ:- ਜਨਮ ਮਰਣ ਦੁਖੁ—ਜਨਮ ਤੋਂ ਮਰਨ ਤੱਕ ਦਾ ਦੁੱਖ, ਸਾਰੀ ਉਮਰ ਦਾ ਦੁਖ ।

ਅਰਥ:- ਜੇ ਹਰੀ ਪ੍ਰਭੂ ਆਪ ਮਿਹਰ ਕਰੇ ਤਾਂ ਸਤਿਗੁਰੂ ਆ ਕੇ ਮਿਲ ਪੈਂਦਾ ਹੈ (ਤੇ ਨਾਮ ਦੇ ਆਸਰੇ ਟਿਕਾ ਕੇ ਭਟਕਣ ਤੋਂ ਬਚਾ ਲੈਂਦਾ ਹੈ) । (ਇਸ ਵਾਸਤੇ) ਹੇ ਦਾਸ ਨਾਨਕ! ਤੂੰ ਭੀ ਨਾਮ ਦੀ ਸਿਫ਼ਤਿ-ਸਾਲਾਹ ਕਰ (ਤਾ ਕਿ) ਤੇਰਾ ਸਾਰੀ ਉਮਰ ਦਾ ਦੁੱਖ ਮੁੱਕ ਜਾਏ ।੧।

ਮਃ ੪ ॥ ਗੁਰੁ ਸਾਲਾਹੀ ਆਪਣਾ ਬਹੁ ਬਿਧਿ ਰੰਗਿ ਸੁਭਾਇ ॥ ਸਤਿਗੁਰ ਸੇਤੀ ਮਨੁ ਰਤਾ ਰਖਿਆ ਬਣਤ ਬਣਾਇ ॥ {ਪੰਨਾ 313}

ਪਦਅਰਥ:- ਬਹੁ ਬਿਧਿ—ਕਈ ਤਰ੍ਹਾਂ । ਰੰਗਿ—ਪਿਆਰ ਵਿਚ । ਸੁਭਾਇ—ਸੁਭਾਉ ਵਿਚ । ਸੇਤੀ—ਨਾਲ ।

ਅਰਥ:- (ਮਨ ਲੋਚਦਾ ਹੈ ਕਿ) ਕਈ ਤਰ੍ਹਾਂ (ਭਾਵ, ਕਈ ਤਰ੍ਹਾਂ ਦੇ ਵਲਵਲਿਆਂ ਨਾਲ) ਪਿਆਰੇ ਸਤਿਗੁਰੂ ਦੇ ਪਿਆਰ ਵਿਚ ਤੇ ਸੁਭਾਉ ਵਿਚ (ਲੀਨ ਹੋ ਕੇ) ਉਸ ਦੀ ਸਿਫ਼ਤਿ-ਸਾਲਾਹ ਕਰਾਂ । ਮੇਰਾ ਮਨ ਪਿਆਰੇ ਸਤਿਗੁਰੂ ਨਾਲ ਰੰਗਿਆ ਗਿਆ ਹੈ, (ਗੁਰੂ ਨੇ ਮੇਰੇ ਮਨ ਨੂੰ) ਸਵਾਰ ਬਣਾ ਦਿੱਤਾ ਹੈ ।

ਜਿਹਵਾ ਸਾਲਾਹਿ ਨ ਰਜਈ ਹਰਿ ਪ੍ਰੀਤਮ ਚਿਤੁ ਲਾਇ ॥ ਨਾਨਕ ਨਾਵੈ ਕੀ ਮਨਿ ਭੁਖ ਹੈ ਮਨੁ ਤ੍ਰਿਪਤੈ ਹਰਿ ਰਸੁ ਖਾਇ ॥੨॥ {ਪੰਨਾ 313}

ਅਰਥ:- ਮੇਰੀ ਜੀਭ ਸਿਫ਼ਤਿ-ਸਾਲਾਹ ਕਰ ਕੇ ਨਹੀਂ ਰੱਜਦੀ ਤੇ ਮਨ ਪ੍ਰੀਤਮ ਪ੍ਰਭੂ ਨਾਲ (ਨਿਹੁੰ) ਲਾ ਕੇ ਨਹੀਂ ਰੱਜਦਾ । (ਰੱਜੇ ਭੀ ਕਿਵੇਂ?) ਹੇ ਨਾਨਕ! ਮਨ ਵਿਚ ਤਾਂ ਨਾਮ ਦੀ ਭੁੱਖ ਹੈ, ਮਨ ਤਾਂ ਹੀ ਰੱਜੇ ਜੇ ਪ੍ਰਭੂ ਦੇ ਨਾਮ ਦਾ ਸੁਆਦ ਚੱਖ ਲਏ ।੨।

ਪਉੜੀ ॥ ਸਚੁ ਸਚਾ ਕੁਦਰਤਿ ਜਾਣੀਐ ਦਿਨੁ ਰਾਤੀ ਜਿਨਿ ਬਣਾਈਆ ॥ ਸੋ ਸਚੁ ਸਲਾਹੀ ਸਦਾ ਸਦਾ ਸਚੁ ਸਚੇ ਕੀਆ ਵਡਿਆਈਆ ॥ ਸਾਲਾਹੀ ਸਚੁ ਸਲਾਹ ਸਚੁ ਸਚੁ ਕੀਮਤਿ ਕਿਨੈ ਨ ਪਾਈਆ ॥ ਜਾ ਮਿਲਿਆ ਪੂਰਾ ਸਤਿਗੁਰੂ ਤਾ ਹਾਜਰੁ ਨਦਰੀ ਆਈਆ ॥ ਸਚੁ ਗੁਰਮੁਖਿ ਜਿਨੀ ਸਲਾਹਿਆ ਤਿਨਾ ਭੁਖਾ ਸਭਿ ਗਵਾਈਆ ॥੨੩॥ {ਪੰਨਾ 313}

ਪਦਅਰਥ:- ਹਾਜਰੁ—ਪ੍ਰਤੱਖ । ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ ।

ਅਰਥ:- ਜਿਸ ਪ੍ਰਭੂ ਨੇ ਦਿਨ ਤੇ ਰਾਤ (ਵਰਗੇ ਕੌਤਕ) ਬਣਾਏ ਹਨ, ਉਹ ਸੱਚਾ ਪ੍ਰਭੂ (ਇਸ) ਕੁਦਰਤਿ ਤੋਂ ਹੀ ਸਚ-ਮੁਚ (ਵੱਡੀਆਂ ਵਡਿਆਈਆਂ ਵਾਲਾ) ਮਲੂਮ ਹੁੰਦਾ ਹੈ; (ਮੇਰਾ ਮਨ ਚਾਹੁੰਦਾ ਹੈ ਕਿ) ਮੈਂ ਸਦਾ ਉਸ ਸੱਚੇ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਾਂ ਤੇ ਵਡਿਆਈ ਆਖਾਂ । ਸਲਾਹੁਣ-ਜੋਗ ਹਰੀ ਸੱਚਾ ਹੈ, ਉਸ ਦੀ ਵਡਿਆਈ ਭੀ ਥਿਰ ਰਹਿਣ ਵਾਲੀ ਹੈ, ਪਰ ਕਿਸੇ ਉਸ ਦੀ ਕੀਮਤ ਨਹੀਂ ਪਾਈ, ਜਦੋਂ ਪੂਰਨ ਸਤਿਗੁਰੂ ਮਿਲਦਾ ਹੈ ਤਾਂ ਉਹ ਵਡਿਆਈਆਂ ਪ੍ਰਤੱਖ ਦਿੱਸ ਪੈਂਦੀਆਂ ਹਨ । ਜੋ ਮਨੁੱਖ ਸਤਿਗੁਰੂ ਦੇ ਸਨਮੁਖ ਹੋ ਕੇ (ਭਾਵ, ਆਪਾ ਗਵਾ ਕੇ) ਸੱਚੇ ਪ੍ਰਭੂ ਦੀ ਵਡਿਆਈ ਕਰਦੇ ਹਨ, ਉਹਨਾਂ ਦੀਆਂ ਸਾਰੀਆਂ ਭੁੱਖਾਂ ਦੂਰ ਹੋ ਜਾਂਦੀਆਂ ਹਨ ।੨੩।

ਸਲੋਕ ਮਃ ੪ ॥ ਮੈ ਮਨੁ ਤਨੁ ਖੋਜਿ ਖੋਜੇਦਿਆ ਸੋ ਪ੍ਰਭੁ ਲਧਾ ਲੋੜਿ ॥ ਵਿਸਟੁ ਗੁਰੂ ਮੈ ਪਾਇਆ ਜਿਨਿ ਹਰਿ ਪ੍ਰਭੁ ਦਿਤਾ ਜੋੜਿ ॥੧॥ {ਪੰਨਾ 313}

ਪਦਅਰਥ:- ਵਿਸਟੁ—ਵਿਚੋਲਾ । ਜਿਨਿ—ਜਿਸ ਗੁਰੂ ਨੇ ।

ਅਰਥ:- ਮਨ ਤੇ ਸਰੀਰ ਨੂੰ ਖੋਜਦਿਆਂ ਖੋਜਦਿਆਂ ਮੈਂ (ਅੰਤ ਨੂੰ) ਭਾਲ ਕੇ ਪ੍ਰਭੂ ਲੱਭ ਹੀ ਲਿਆ (ਪਰ ਮੈਂ ਆਪਣੇ ਬਲ ਦੇ ਆਸਰੇ ਲੱਭ ਨਹੀ ਸਾਂ ਸਕਦਾ) । ਮੈਨੂੰ ਸਤਿਗੁਰੂ ਵਕੀਲ ਮਿਲ ਪਿਆ, ਜਿਸ ਨੇ ਹਰੀ ਪ੍ਰਭੂ ਮੇਲ ਦਿੱਤਾ ।੧।

ਮਃ ੩ ॥ ਮਾਇਆਧਾਰੀ ਅਤਿ ਅੰਨਾ ਬੋਲਾ ॥ ਸਬਦੁ ਨ ਸੁਣਈ ਬਹੁ ਰੋਲ ਘਚੋਲਾ ॥ {ਪੰਨਾ 313}

ਪਦਅਰਥ:- ਰੋਲ ਘਚੋਲਾ— ਰੌਲਾ-ਗੌਲਾ ।

ਅਰਥ:- ਜਿਸ ਮਨੁੱਖ ਨੇ (ਹਿਰਦੇ ਵਿਚ) ਮਾਇਆ (ਦਾ ਪਿਆਰ) ਧਾਰਨ ਕੀਤਾ ਹੋਇਆ ਹੈ ਉਹ (ਸਤਿਗੁਰੂ ਵਲੋਂ) ਅੰਨ੍ਹਾ ਤੇ ਬੋਲਾ ਹੈ (ਭਾਵ, ਨਾ ਸਤਿਗੁਰੂ ਦਾ ਦਰਸ਼ਨ ਕਰ ਕੇ ਪਤੀਜ ਸਕਦਾ ਹੈ, ਤੇ ਨਾ ਹੀ ਉਪਦੇਸ਼ ਸੁਣ ਕੇ) । ਉਹ ਮਨੁੱਖ ਸਤਿਗੁਰੂ ਦੇ ਸ਼ਬਦ ਵਲ ਧਿਆਨ ਨਹੀਂ ਦੇਂਦਾ, (ਪਰ) (ਮਾਇਆ ਦਾ) ਖਪਾਉਣ ਵਾਲਾ (ਭਾਵ, ਸਿਰ-ਦਰਦੀ ਕਰਾਉਣ ਵਾਲਾ) ਰੌਲਾ ਬਹੁਤ (ਪਸੰਦ ਕਰਦਾ ਹੈ) ।

ਗੁਰਮੁਖਿ ਜਾਪੈ ਸਬਦਿ ਲਿਵ ਲਾਇ ॥ ਹਰਿ ਨਾਮੁ ਸੁਣਿ ਮੰਨੇ ਹਰਿ ਨਾਮਿ ਸਮਾਇ ॥ {ਪੰਨਾ 313}

ਪਦਅਰਥ:- ਗੁਰਮੁਖਿ ਜਾਪੈ—ਗੁਰਮੁਖ ਦੀ ਪਛਾਣ ਇਹ ਹੈ ਕਿ ।

ਅਰਥ:- ਜੋ ਮਨੁੱਖ ਸਤਿਗੁਰੂ ਦੇ ਸਨਮੁਖ ਹੁੰਦਾ ਹੈ, (ਉਹ ਇਉਂ) ਦਿੱਸ ਪੈਂਦਾ ਹੈ (ਕਿ) ਉਹ ਗੁਰੂ ਦੇ ਸ਼ਬਦ ਵਿਚ ਬਿਰਤੀ ਜੋੜਦਾ ਹੈ, ਹਰੀ ਦੇ ਨਾਮ ਨੂੰ ਸੁਣ ਕੇ ਉਸ ਤੇ ਸਿਦਕ ਲਿਆਉਂਦਾ ਹੈ ਤੇ ਹਰੀ ਦੇ ਨਾਮ ਵਿਚ (ਹੀ) ਲੀਨ ਹੋ ਜਾਂਦਾ ਹੈ ।

ਜੋ ਤਿਸੁ ਭਾਵੈ ਸੁ ਕਰੇ ਕਰਾਇਆ ॥ ਨਾਨਕ ਵਜਦਾ ਜੰਤੁ ਵਜਾਇਆ ॥੨॥ {ਪੰਨਾ 313}

ਅਰਥ:- (ਪਰ ਮਾਇਆਧਾਰੀ ਜਾਂ ਗੁਰਮੁਖਿ ਦੇ ਕੀਹ ਹੱਥ?) ਜੋ ਕੁੱਝ ਉਸ ਪ੍ਰਭੂ ਨੂੰ ਚੰਗਾ ਲੱਗਦਾ ਹੈ (ਉਸ ਦੇ ਅਨੁਸਾਰ) ਇਹ ਜੀਵ ਕਰਵਾਇਆ ਕੰਮ ਕਰਦਾ ਹੈ । ਹੇ ਨਾਨਕ! ਜੀਵ (ਵਾਜੇ ਵਾਂਗ) ਵਜਾਇਆ ਵੱਜਦਾ ਹੈ (ਭਾਵ, ਬੁਲਾਇਆਂ ਬੋਲਦਾ ਹੈ) ।੨।

ਪਉੜੀ ॥ ਤੂ ਕਰਤਾ ਸਭੁ ਕਿਛੁ ਜਾਣਦਾ ਜੋ ਜੀਆ ਅੰਦਰਿ ਵਰਤੈ ॥ ਤੂ ਕਰਤਾ ਆਪਿ ਅਗਣਤੁ ਹੈ ਸਭੁ ਜਗੁ ਵਿਚਿ ਗਣਤੈ ॥ ਸਭੁ ਕੀਤਾ ਤੇਰਾ ਵਰਤਦਾ ਸਭ ਤੇਰੀ ਬਣਤੈ ॥ ਤੂ ਘਟਿ ਘਟਿ ਇਕੁ ਵਰਤਦਾ ਸਚੁ ਸਾਹਿਬ ਚਲਤੈ ॥ ਸਤਿਗੁਰ ਨੋ ਮਿਲੇ ਸੁ ਹਰਿ ਮਿਲੇ ਨਾਹੀ ਕਿਸੈ ਪਰਤੈ ॥੨੪॥ {ਪੰਨਾ 314}

ਪਦਅਰਥ:- ਗਣਤ—ਚਿੰਤਾ ਫ਼ਿਕਰ । ਪਰਤੈ—{ਇਸ ਦਾ ਅਰਥ 'ਪਰ ਤੋਂ' ਕਰਨਾ ਗ਼ਲਤ ਹੈ, 'ਤੋਂ' ਵਾਸਤੇ ਲਫ਼ਜ਼ 'ਤੇ' ਚਾਹੀਦਾ ਸੀ । 'ਪਰਤੈ' ਇਕੱਠਾ ਇਕੋ ਲਫ਼ਜ਼ ਹੈ} ਪਰਤਿਆ, ਪਰਤਾਇਆ ।

ਅਰਥ:- ਹੇ ਸਿਰਜਣਹਾਰ! ਜੋ ਕੁਝ ਜੀਵਾਂ ਦੇ ਮਨਾਂ ਵਿਚ ਵਰਤਦਾ ਹੈ (ਭਾਵ, ਜੋ ਫੁਰਨੇ ਫੁਰਦੇ ਹਨ), ਤੂੰ ਉਹ ਸਾਰਾ ਜਾਣਦਾ ਹੈਂ, ਸਾਰਾ ਸੰਸਾਰ ਹੀ ਇਸ ਗਣਤ (ਲਾਹੇ ਤੋਟੇ ਦੀ ਵਿਚਾਰ, ਚਿੰਤਾ ਦੇ ਫੁਰਨੇ) ਵਿਚ ਹੈ, ਹੇ ਸਿਰਜਣਹਾਰ! ਇਕ ਤੂੰ ਇਸ ਤੋਂ ਪਰੇ ਹੈਂ, (ਕਿਉਂਕਿ) ਜੋ ਕੁਝ ਹੋ ਰਿਹਾ ਹੈ ਸਭ ਤੇਰਾ ਕੀਤਾ ਹੋ ਰਿਹਾ ਹੈ, ਸਾਰੀ (ਸ੍ਰਿਸ਼ਟੀ ਦੀ) ਬਨਾਵਟ ਹੀ ਤੇਰੀ ਬਣਾਈ ਹੋਈ ਹੈ । ਹੇ ਹਰੀ! ਤੂੰ ਹਰੇਕ ਘਟ ਵਿਚ ਵਿਆਪਕ ਹੈਂ, ਤੇਰੇ ਕੌਤਕ (ਅਸਚਰਜ) ਹਨ । (ਸਭ ਥਾਈਂ ਵਿਆਪਕ ਹੁੰਦੇ ਹੋਏ ਹਰੀ ਨੂੰ ਭੀ ਆਪਣੇ ਆਪ ਕੋਈ ਨਹੀਂ ਲੱਭ ਸਕਿਆ) ਜੋ ਮਨੁੱਖ ਸਤਿਗੁਰੂ ਨੂੰ ਮਿਲਿਆ ਹੈ, ਉਸੇ ਨੇ ਹੀ ਹਰੀ ਨੂੰ ਲੱਭਾ ਹੈ, (ਮਾਇਆ) ਦੇ ਕਿਸੇ (ਅਡੰਬਰ) ਨੇ ਉਹਨਾਂ ਨੂੰ ਹਰੀ ਵਲੋਂ ਪਰਤਾਇਆ ਨਹੀਂ ।੨੪।

ਸਲੋਕੁ ਮਃ ੪ ॥ ਇਹੁ ਮਨੂਆ ਦ੍ਰਿੜੁ ਕਰਿ ਰਖੀਐ ਗੁਰਮੁਖਿ ਲਾਈਐ ਚਿਤੁ ॥ ਕਿਉ ਸਾਸਿ ਗਿਰਾਸਿ ਵਿਸਾਰੀਐ ਬਹਦਿਆ ਉਠਦਿਆ ਨਿਤ ॥ ਮਰਣ ਜੀਵਣ ਕੀ ਚਿੰਤਾ ਗਈ ਇਹੁ ਜੀਅੜਾ ਹਰਿ ਪ੍ਰਭ ਵਸਿ ॥ {ਪੰਨਾ 314}

ਪਦਅਰਥ:- ਦ੍ਰਿੜੁ—ਪੱਕਾ । ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ । ਮਰਣ ਜੀਵਣ ਕੀ ਚਿੰਤਾ—ਸਾਰੀ ਉਮਰ ਦੀ ਚਿੰਤਾ ।

ਅਰਥ:- (ਜੇ) ਸਤਿਗੁਰੂ ਦੇ ਸਨਮੁਖ ਹੋ ਕੇ ਮਨ (ਪ੍ਰਭੂ ਦੀ ਯਾਦ ਵਿਚ) ਜੋੜੀਏ (ਤੇ) ਇਸ ਮਨ ਨੂੰ ਪੱਕਾ ਕਰ ਕੇ ਰੱਖੀਏ (ਜਿਵੇਂ ਇਹ ਮਾਇਆ ਵਲ ਨਾ ਦੌੜੇ), (ਤੇ ਜੇ) ਬਹਿੰਦਿਆਂ ਉਠਦਿਆਂ (ਭਾਵ, ਕਾਰ ਕਿਰਤ ਕਰਦਿਆਂ) ਕਦੇ ਇਕ ਦਮ ਭੀ (ਨਾਮ) ਨਾ ਵਿਸਾਰੀਏ, (ਤਾਂ) ਇਹ ਜੀਵ ਹਰੀ ਦੇ ਵੱਸ ਵਿਚ (ਆ ਜਾਂਦਾ ਹੈ । ਭਾਵ, ਆਪਣਾ ਆਪਾ ਉਸ ਦੇ ਹਵਾਲੇ ਕਰ ਦੇਂਦਾ ਹੈ, ਤੇ) ਇਸ ਦੀ ਸਾਰੀ ਚਿੰਤਾ ਮਿਟ ਜਾਂਦੀ ਹੈ ।

ਜਿਉ ਭਾਵੈ ਤਿਉ ਰਖੁ ਤੂ ਜਨ ਨਾਨਕ ਨਾਮੁ ਬਖਸਿ ॥੧॥ {ਪੰਨਾ 314}

ਅਰਥ:- (ਹੇ ਹਰੀ!) ਜਿਵੇਂ ਤੈਨੂੰ ਚੰਗਾ ਲੱਗੇ ਤਿਵੇਂ (ਮੈਨੂੰ) ਦਾਸ ਨਾਨਕ ਨੂੰ ਨਾਮ ਦੀ ਦਾਤਿ ਬਖ਼ਸ਼ (ਕਿਉਂਕਿ ਨਾਮ ਹੀ ਹੈ ਜੋ ਮਨ ਦੀ ਚਿੰਤਾ ਝੋਰੇ ਨੂੰ ਮਿਟਾ ਸਕਦਾ ਹੈ) ।੧।

ਮਃ ੩ ॥ ਮਨਮੁਖੁ ਅਹੰਕਾਰੀ ਮਹਲੁ ਨ ਜਾਣੈ ਖਿਨੁ ਆਗੈ ਖਿਨੁ ਪੀਛੈ ॥ ਸਦਾ ਬੁਲਾਈਐ ਮਹਲਿ ਨ ਆਵੈ ਕਿਉ ਕਰਿ ਦਰਗਹ ਸੀਝੈ ॥ {ਪੰਨਾ 314}

ਪਦਅਰਥ:- ਖਿਨੁ—ਪਲਕ ਵਿਚ । ਸੀਝੈ—ਕਾਮਯਾਬ ਹੋਵੇ ।

ਅਰਥ:- ਅਹੰਕਾਰ ਵਿਚ ਮੱਤਾ ਹੋਇਆ ਮਨਮੁਖ (ਸਤਿਗੁਰੂ ਦੇ) ਨਿਵਾਸ-ਅਸਥਾਨ (ਭਾਵ, ਸਤਸੰਗ) ਨੂੰ ਨਹੀਂ

ਪਛਾਣਦਾ ਹਰ ਵੇਲੇ ਜਕੋ-ਤੱਕਿਆਂ ਵਿਚ ਰਹਿੰਦਾ ਹੈ (ਭਾਵ, ਘੜੀ ਤੋਲਾ ਘੜੀ ਮਾਸਾ) । ਸਦਾ ਸੱਦਦੇ ਰਹੀਏ ਤਾਂ ਭੀ ਉਹ ਸਤਸੰਗ ਵਿਚ ਨਹੀਂ ਆਉਂਦਾ (ਇਸ ਵਾਸਤੇ) ਉਹ ਹਰੀ ਦੀ ਦਰਗਾਹ ਵਿਚ ਭੀ ਕਿਵੇਂ ਸੁਰਖ਼ਰੂ ਹੋਵੇ? (ਭਾਵ, ਨਹੀਂ ਹੋ ਸਕਦਾ)!

ਸਤਿਗੁਰ ਕਾ ਮਹਲੁ ਵਿਰਲਾ ਜਾਣੈ ਸਦਾ ਰਹੈ ਕਰ ਜੋੜਿ ॥ ਆਪਣੀ ਕ੍ਰਿਪਾ ਕਰੇ ਹਰਿ ਮੇਰਾ ਨਾਨਕ ਲਏ ਬਹੋੜਿ ॥੨॥ {ਪੰਨਾ 314}

ਪਦਅਰਥ:- ਕਰ—ਹੱਥ । ਲਏ ਬਹੋੜਿ—(ਮਨਮੁਖਤਾ ਵਲੋਂ) ਮੋੜ ਲੈਂਦਾ ਹੈ ।

ਅਰਥ:- ਸਤਿਗੁਰੂ ਦੇ ਟਿਕਾਣੇ ਦੀ (ਭਾਵ, ਸਤਸੰਗ ਦੀ) ਕਿਸੇ ਉਸ ਵਿਰਲੇ ਨੂੰ ਸਾਰ ਆਉਂਦੀ ਹੈ ਜੋ ਸਦਾ ਹੱਥ ਜੋੜੀ ਰੱਖੇ (ਭਾਵ, ਮਨ ਨੀਵਾਂ ਰੱਖ ਕੇ ਯਾਦ ਵਿਚ ਜੁੜਿਆ ਰਹੇ) । ਹੇ ਨਾਨਕ! ਜਿਸ ਤੇ ਪਿਆਰਾ ਪ੍ਰਭੂ ਆਪਣੀ ਮਿਹਰ ਕਰੇ, ਉਸ ਨੂੰ (ਮਨਮੁਖਤਾ ਵਲੋਂ) ਮੋੜ ਲੈਂਦਾ ਹੈ ।੨।

ਪਉੜੀ ॥ ਸਾ ਸੇਵਾ ਕੀਤੀ ਸਫਲ ਹੈ ਜਿਤੁ ਸਤਿਗੁਰ ਕਾ ਮਨੁ ਮੰਨੇ ॥ ਜਾ ਸਤਿਗੁਰ ਕਾ ਮਨੁ ਮੰਨਿਆ ਤਾ ਪਾਪ ਕਸੰਮਲ ਭੰਨੇ ॥ ਉਪਦੇਸੁ ਜਿ ਦਿਤਾ ਸਤਿਗੁਰੂ ਸੋ ਸੁਣਿਆ ਸਿਖੀ ਕੰਨੇ ॥ ਜਿਨ ਸਤਿਗੁਰ ਕਾ ਭਾਣਾ ਮੰਨਿਆ ਤਿਨ ਚੜੀ ਚਵਗਣਿ ਵੰਨੇ ॥ ਇਹ ਚਾਲ ਨਿਰਾਲੀ ਗੁਰਮੁਖੀ ਗੁਰ ਦੀਖਿਆ ਸੁਣਿ ਮਨੁ ਭਿੰਨੇ ॥੨੫॥ {ਪੰਨਾ 314}

ਪਦ ਅਰਥ: —ਕਸੰਮਲ—ਪਾਪ । ਭੰਨੇ—ਨਾਸ ਹੋ ਜਾਂਦੇ ਹਨ । ਕੰਨੀ ਸੁਣਿਆ—ਗਹੁ ਨਾਲ ਸੁਣਿਆ । ਵੰਨ—ਰੰਗਣ । ਦੀਖਿਆ—ਸਿੱਖਿਆ ।

ਅਰਥ:- ਜਿਸ ਸੇਵਾ ਨਾਲ ਸਤਿਗੁਰੂ ਦਾ ਮਨ (ਸਿੱਖ ਤੇ) ਪਤੀਜ ਜਾਏ, ਉਹੋ ਸੇਵਾ ਕੀਤੀ ਹੋਈ ਲਾਹੇਵੰਦੀ ਹੈ, (ਕਿਉਂਕਿ ਜਦੋਂ) ਸਤਿਗੁਰੂ ਦਾ ਮਨ ਪਤੀਜੇ, ਤਦੋਂ ਹੀ ਵਿਕਾਰ ਪਾਪ ਭੀ ਦੂਰ ਹੋ ਜਾਂਦੇ ਹਨ । (ਪਤੀਜ ਕੇ) ਸਤਿਗੁਰੂ ਜੋ ਉਪਦੇਸ਼ ਸਿੱਖਾਂ ਨੂੰ ਦੇਂਦਾ ਹੈ ਉਹ ਗਹੁ ਨਾਲ ਉਸ ਨੂੰ ਸੁਣਦੇ ਹਨ, (ਫੇਰ) ਜੋ ਸਿੱਖ ਸਤਿਗੁਰੂ ਦੇ ਭਾਣੇ ਤੇ ਸਿਦਕ ਲਿਆਉਂਦੇ ਹਨ, ਉਹਨਾਂ ਨੂੰ (ਅੱਗੇ ਨਾਲੋਂ) ਚੌਣੀ ਰੰਗਣ ਚੜ੍ਹ ਜਾਂਦੀ ਹੈ । 'ਸਤਿਗੁਰੂ ਦੀ ਹੀ ਸਿੱਖਿਆ ਸੁਣ ਕੇ ਮਨ (ਹਰੀ ਦੇ ਪਿਆਰ ਵਿਚ) ਭਿੱਜਦਾ ਹੈ'—ਸਤਿਗੁਰੂ ਦੇ ਸਨਮੁਖ ਰਹਿਣ ਵਾਲਾ ਇਹ ਰਸਤਾ (ਸੰਸਾਰ ਦੇ ਹੋਰ ਮਤਾਂ ਨਾਲੋਂ) ਨਿਰਾਲਾ ਹੈ ।੨੫।

ਸਲੋਕੁ ਮਃ ੩ ॥ ਜਿਨਿ ਗੁਰੁ ਗੋਪਿਆ ਆਪਣਾ ਤਿਸੁ ਠਉਰ ਨ ਠਾਉ ॥ ਹਲਤੁ ਪਲਤੁ ਦੋਵੈ ਗਏ ਦਰਗਹ ਨਾਹੀ ਥਾਉ ॥ {ਪੰਨਾ 314}

ਅਰਥ:- ਜਿਸ ਮਨੁੱਖ ਨੇ ਆਪਣੇ ਸਤਿਗੁਰੂ ਦੀ ਨਿੰਦਾ ਕੀਤੀ ਹੈ, ਉਸ ਨੂੰ ਨਾ ਥਾਂ ਨਾਹ ਖਿੱਤਾ । ਉਸ ਦਾ ਇਹ ਲੋਕ ਤੇ ਪਰਲੋਕ ਦੋਵੇਂ ਗਵਾਚ ਜਾਂਦੇ ਹਨ, ਹਰੀ ਦੀ ਦਰਗਾਹ ਵਿਚ (ਭੀ) ਥਾਂ ਨਹੀਂ ਸੂ ਮਿਲਦੀ ।

ਓਹ ਵੇਲਾ ਹਥਿ ਨ ਆਵਈ ਫਿਰਿ ਸਤਿਗੁਰ ਲਗਹਿ ਪਾਇ ॥ ਸਤਿਗੁਰ ਕੀ ਗਣਤੈ ਘੁਸੀਐ ਦੁਖੇ ਦੁਖਿ ਵਿਹਾਇ ॥ {ਪੰਨਾ 314}

ਪਦਅਰਥ:- ਗਣਤ—ਨਿੰਦਿਆ ।

ਅਰਥ:- (ਅਜਿਹੇ ਬੰਦਿਆਂ ਨੂੰ) ਫੇਰ ਉਹ ਮੌਕਾ ਨਹੀਂ ਮਿਲਦਾ ਕਿ ਸਤਿਗੁਰੂ ਦੀ ਚਰਨੀਂ ਲੱਗ ਸਕਣ, (ਕਿਉਂਕਿ) ਸਤਿਗੁਰੂ ਦੀ ਨਿੰਦਾ ਕਰਨ ਵਿਚ (ਇਕ ਵਾਰੀ ਜੇ) ਖੁੰਝ ਜਾਈਏ ਤਾਂ ਨਿਰੋਲ ਦੁੱਖਾਂ ਵਿਚ ਹੀ ਉਮਰ ਬੀਤਦੀ ਹੈ ।

ਸਤਿਗੁਰੁ ਪੁਰਖੁ ਨਿਰਵੈਰੁ ਹੈ ਆਪੇ ਲਏ ਜਿਸੁ ਲਾਇ ॥ ਨਾਨਕ ਦਰਸਨੁ ਜਿਨਾ ਵੇਖਾਲਿਓਨੁ ਤਿਨਾ ਦਰਗਹ ਲਏ ਛਡਾਇ ॥੧॥ {ਪੰਨਾ 314}

ਪਦਅਰਥ:- ਜਿਸੁ—ਉਸ (ਨਿੰਦਕ) ਨੂੰ । ਵੇਖਾਲਿਓਨੁ—ਵਿਖਾਲਿਆ ਉਸ (ਪ੍ਰਭੂ) ਨੇ ।

ਅਰਥ:- (ਪਰ) ਮਰਦ (ਭਾਵ, ਸੂਰਮਾ) ਸਤਿਗੁਰੂ (ਅਜਿਹਾ) ਨਿਰਵੈਰ ਹੈ ਕਿ ਉਸ (ਨਿੰਦਕ) ਨੂੰ ਭੀ ਆਪੇ (ਭਾਵ, ਆਪਣੇ ਆਪ ਮਿਹਰ ਕਰ ਕੇ ਚਰਨੀਂ) ਲਾ ਲੈਂਦਾ ਹੈ, ਤੇ ਹੇ ਨਾਨਕ! ਜਿਨ੍ਹਾਂ ਨੂੰ ਹਰੀ, ਗੁਰੂ ਦਾ ਦਰਸ਼ਨ ਕਰਾਉਂਦਾ ਹੈ, ਉਹਨਾਂ ਨੂੰ ਦਰਗਾਹ ਵਿਚ ਛੁਡਾ ਲੈਂਦਾ ਹੈ ।੧।

ਮਃ ੩ ॥ ਮਨਮੁਖੁ ਅਗਿਆਨੁ ਦੁਰਮਤਿ ਅਹੰਕਾਰੀ ॥ ਅੰਤਰਿ ਕ੍ਰੋਧੁ ਜੂਐ ਮਤਿ ਹਾਰੀ ॥ {ਪੰਨਾ 314}

ਪਦਅਰਥ:- ਅਗਿਆਨੁ—ਵਿਚਾਰ-ਹੀਣ ।

ਅਰਥ:- ਮਨਮੁਖ ਵਿਚਾਰ-ਹੀਣ, ਖੋਟੀ ਬੁਧਿ ਵਾਲਾ ਤੇ ਅਹੰਕਾਰੀ ਹੁੰਦਾ ਹੈ, ਉਸ ਦੇ ਮਨ ਵਿਚ ਕ੍ਰੋਧ ਹੈ ਤੇ ਉਹ (ਵਿਸ਼ਿਆਂ ਦੇ) ਜੂਏ ਵਿਚ ਅਕਲ ਗਵਾ ਲੈਂਦਾ ਹੈ ।

ਕੂੜੁ ਕੁਸਤੁ ਓਹੁ ਪਾਪ ਕਮਾਵੈ ॥ ਕਿਆ ਓਹੁ ਸੁਣੈ ਕਿਆ ਆਖਿ ਸੁਣਾਵੈ ॥ {ਪੰਨਾ 314}

ਅਰਥ:- ਉਹ (ਸਦਾ) ਝੂਠ, ਫ਼ਰੇਬ ਤੇ ਪਾਪ ਦੇ ਕੰਮ ਕਰਦਾ ਹੈ (ਇਸ ਵਾਸਤੇ) ਉਹ ਸੁਣੇ ਕੀਹ ਤੇ (ਕਿਸੇ ਨੂੰ) ਆਖ ਕੇ ਸੁਣਾਵੇ ਕੀਹ? (ਭਾਵ, ਕੂੜ-ਕੁਸੱਤ ਦੇ ਕੰਮ ਕਰਨ ਨਾਲ ਉਸ ਦਾ ਮਨ ਤਾਂ ਪਾਪੀ ਹੋਇਆ ਪਿਆ ਹੈ, ਨਾਹ ਉਹ ਪ੍ਰਭੂ ਦੀ ਬੰਦਗੀ ਦੀ ਗੱਲ ਸੁਣਦਾ ਹੈ ਤੇ ਨਾ ਕਿਸੇ ਨੂੰ ਸੁਣਾਂਦਾ ਹੈ) ।

ਅੰਨਾ ਬੋਲਾ ਖੁਇ ਉਝੜਿ ਪਾਇ ॥ ਮਨਮੁਖੁ ਅੰਧਾ ਆਵੈ ਜਾਇ ॥ {ਪੰਨਾ 314}

ਪਦਅਰਥ:- ਖੁਇ—ਖੁੰਝ ਕੇ । ਉਝੜਿ—ਕੁਰਾਹੇ ।

ਅਰਥ:- (ਸਤਿਗੁਰੂ ਦੇ ਦਰਸ਼ਨ ਵਲੋਂ) ਅੰਨ੍ਹਾ (ਤੇ ਉਪਦੇਸ਼ ਵਲੋਂ) ਬੋਲਾ ਖੁੰਝ ਕੇ ਅੰਨ੍ਹਾ ਮਨਮੁਖ ਕੁਰਾਹੇ ਪਿਆ ਹੋਇਆ ਹੈ ਤੇ ਨਿੱਤ ਜੰਮਦਾ ਮਰਦਾ ਹੈ ।

ਬਿਨੁ ਸਤਿਗੁਰ ਭੇਟੇ ਥਾਇ ਨ ਪਾਇ ॥ ਨਾਨਕ ਪੂਰਬਿ ਲਿਖਿਆ ਕਮਾਇ ॥੨॥ {ਪੰਨਾ 314}

ਅਰਥ:- ਸਤਿਗੁਰੂ ਨੂੰ ਮਿਲਣ ਤੋਂ ਬਿਨਾ (ਦਰਗਾਹ ਵਿਚ) ਕਬੂਲ ਨਹੀਂ ਪੈਂਦਾ, (ਕਿਉਂਕਿ) ਹੇ ਨਾਨਕ! ਮੁਢ ਤੋਂ (ਕੀਤੇ ਮੰਦੇ ਕਰਮਾਂ ਦੇ ਅਨੁਸਾਰ ਜੋ ਸੰਸਕਾਰ ਉਸ ਦੇ ਮਨ ਵਿਚ) ਲਿਖੇ ਗਏ ਹਨ (ਉਹਨਾਂ ਦੇ ਅਨੁਸਾਰ ਹੁਣ ਭੀ ਮੰਦੇ ਕੰਮ ਹੀ) ਕਰੀ ਜਾਂਦਾ ਹੈ ।੨।

ਪਉੜੀ ॥ ਜਿਨ ਕੇ ਚਿਤ ਕਠੋਰ ਹਹਿ ਸੇ ਬਹਹਿ ਨ ਸਤਿਗੁਰ ਪਾਸਿ ॥ ਓਥੈ ਸਚੁ ਵਰਤਦਾ ਕੂੜਿਆਰਾ ਚਿਤ ਉਦਾਸਿ ॥ ਓਇ ਵਲੁ ਛਲੁ ਕਰਿ ਝਤਿ ਕਢਦੇ ਫਿਰਿ ਜਾਇ ਬਹਹਿ ਕੂੜਿਆਰਾ ਪਾਸਿ ॥ ਵਿਚਿ ਸਚੇ ਕੂੜੁ ਨ ਗਡਈ ਮਨਿ ਵੇਖਹੁ ਕੋ ਨਿਰਜਾਸਿ ॥ ਕੂੜਿਆਰ ਕੂੜਿਆਰੀ ਜਾਇ ਰਲੇ ਸਚਿਆਰ ਸਿਖ ਬੈਠੇ ਸਤਿਗੁਰ ਪਾਸਿ ॥੨੯॥ {ਪੰਨਾ 314}

ਪਦਅਰਥ:- ਚਿਤ—ਚਿੱਤ ਨੂੰ । ਉਦਾਸਿ—ਉਦਾਸੀ । ਝਤਿ ਕਢਦੇ—ਸਮਾ ਲੰਘਾਂਦੇ ਹਨ । ਗਡਈ—ਰਲਦਾ । ਨਿਰਜਾਸਿ—ਨਿਖੇੜਾ ਕਰ ਕੇ ।

ਅਰਥ—ਜਿਨ੍ਹਾਂ ਮਨੁੱਖਾਂ ਦੇ ਮਨ ਕਰੜੇ (ਭਾਵ, ਨਿਰਦਈ) ਹੁੰਦੇ ਹਨ, ਉਹ ਸਤਿਗੁਰੂ ਦੇ ਕੋਲ ਨਹੀਂ ਬਹਿ ਸਕਦੇ । ਓਥੇ (ਸਤਿਗੁਰੂ ਦੀ ਸੰਗਤ ਵਿਚ ਤਾਂ) ਸੱਚ ਦੀਆਂ ਗੱਲਾਂ ਹੁੰਦੀਆਂ ਹਨ, ਕੂੜ ਦੇ ਵਪਾਰੀਆਂ ਦੇ ਮਨ ਨੂੰ ਉਦਾਸੀ ਲੱਗੀ ਰਹਿੰਦੀ ਹੈ । (ਸਤਿਗੁਰੂ ਦੀ ਸੰਗਤ ਵਿਚ) ਓਹ ਵਲ-ਫ਼ਰੇਬ ਕਰ ਕੇ ਸਮਾਂ ਲੰਘਾਉਂਦੇ ਹਨ, (ਉਥੋਂ ਉਠ ਕੇ) ਫੇਰ ਝੂਠਿਆਂ ਪਾਸ ਹੀ ਜਾ ਬਹਿੰਦੇ ਹਨ । ਕੋਈ ਧਿਰ ਮਨ ਵਿਚ ਨਿਰਨਾ ਕਰ ਕੇ ਵੇਖ ਲਵੋ, ਸੱਚੇ (ਮਨੁੱਖ ਦੇ ਹਿਰਦੇ ਵਿਚ) ਝੂਠ ਨਹੀਂ ਰਲ ਸਕਦਾ (ਭਾਵ, ਆਪਣਾ ਡੂੰਘਾ ਪ੍ਰਭਾਵ ਨਹੀਂ ਪਾ ਸਕਦਾ) । ਝੂਠੇ ਝੂਠਿਆਂ ਵਿਚ ਹੀ ਜਾ ਰਲਦੇ ਹਨ ਤੇ ਸੱਚੇ ਸਿੱਖ ਸਤਿਗੁਰੂ ਕੋਲ ਹੀ ਜਾ ਬੈਠਦੇ ਹਨ ।੨੯।

ਸਲੋਕ ਮਃ ੫ ॥ ਰਹਦੇ ਖੁਹਦੇ ਨਿੰਦਕ ਮਾਰਿਅਨੁ ਕਰਿ ਆਪੇ ਆਹਰੁ ॥ ਸੰਤ ਸਹਾਈ ਨਾਨਕਾ ਵਰਤੈ ਸਭ ਜਾਹਰੁ ॥੧॥ {ਪੰਨਾ 315}

ਅਰਥ:- (ਜਨਮ ਜਨਮਾਂਤਰਾਂ ਤੋ ਪਾਪ ਕਰ ਕੇ ਨਿੰਦਕ ਮਨੁੱਖ ਬਹੁਤਾ ਕੁਝ ਤਾਂ ਅੱਗੇ ਹੀ ਨਾਮ ਵਲੋਂ ਮਰ ਚੁਕਦੇ ਹਨ) ਬਾਕੀ ਜੋ ਥੋੜੇ ਬਹੁਤ (ਭਲੇ ਸੰਸਕਾਰ ਰਹਿ ਜਾਂਦੇ ਹਨ) ਉਹਨਾਂ ਨੂੰ ਪ੍ਰਭੂ ਨੇ ਆਪ ਉੱਦਮ ਕਰ ਕੇ (ਭਾਵ, ਨਿੰਦਕਾਂ ਨੂੰ ਨਿੰਦਾ ਵਾਲੇ ਪਾਸੇ ਲਾ ਕੇ ਮੁਕਾ ਦਿੱਤਾ) ਤੇ, ਹੇ ਨਾਨਕ! ਸੰਤ ਜਨਾਂ ਦਾ ਰਾਖਾ ਹਰੀ ਸਭ ਥਾਈਂ ਪਰਗਟ ਖੇਲ ਕਰ ਰਿਹਾ ਹੈ ।੧।

ਮਃ ੫ ॥ ਮੁੰਢਹੁ ਭੁਲੇ ਮੁੰਢ ਤੇ ਕਿਥੈ ਪਾਇਨਿ ਹਥੁ ॥ ਤਿੰਨੈ ਮਾਰੇ ਨਾਨਕਾ ਜਿ ਕਰਣ ਕਾਰਣ ਸਮਰਥੁ ॥੨॥ {ਪੰਨਾ 315}

ਅਰਥ:- ਜੋ ਮਨੁੱਖ ਪਹਿਲੋਂ ਤੋਂ ਹੀ ਪ੍ਰਭੂ ਵਲੋਂ ਖੁੰਝੇ ਹੋਏ ਹਨ, ਉਹ ਹੋਰ ਕਿਹੜਾ ਆਸਰਾ ਲੈਣ? (ਕਿਉਂਕਿ) ਹੇ ਨਾਨਕ! ਇਹ ਉਸ ਪ੍ਰਭੂ ਨੇ ਆਪ ਮਾਰੇ ਹੋਏ ਹਨ, ਜੋ ਸਾਰੀ ਸ੍ਰਿਸ਼ਟੀ ਨੂੰ ਰਚਨ ਦੇ ਸਮਰੱਥ ਹੈ ।੨।

ਪਉੜੀ ੫ ॥ ਲੈ ਫਾਹੇ ਰਾਤੀ ਤੁਰਹਿ ਪ੍ਰਭੁ ਜਾਣੈ ਪ੍ਰਾਣੀ ॥ ਤਕਹਿ ਨਾਰਿ ਪਰਾਈਆ ਲੁਕਿ ਅੰਦਰਿ ਠਾਣੀ ॥ ਸੰਨ੍ਹੀ ਦੇਨ੍ਹਿ ਵਿਖੰਮ ਥਾਇ ਮਿਠਾ ਮਦੁ ਮਾਣੀ ॥ ਕਰਮੀ ਆਪੋ ਆਪਣੀ ਆਪੇ ਪਛੁਤਾਣੀ ॥ ਅਜਰਾਈਲੁ ਫਰੇਸਤਾ ਤਿਲ ਪੀੜੇ ਘਾਣੀ ॥੩੦॥ {ਪੰਨਾ 315}

ਪਦਅਰਥ:- ਫਾਹੇ—ਕਮੰਦ । ਅੰਦਰਿ ਠਾਣੀ—ਅੰਦਰਲੇ ਥਾਈਂ । ਲੁਕਿ—ਲੁਕ ਕੇ । ਵਿਖੰਮ—ਔਖਾ । ਮਦੁ-ਸ਼ਰਾਬ ।

ਅਰਥ:- ਮਨੁੱਖ ਰਾਤ ਨੂੰ ਫਾਹੇ ਲੈ ਕੇ (ਪਰਾਏ ਘਰਾਂ ਨੂੰ ਲੁੱਟਣ ਲਈ) ਤੁਰਦੇ ਹਨ (ਪਰ) ਪ੍ਰਭੂ ਉਹਨਾਂ ਨੂੰ ਜਾਣਦਾ ਹੈ, ਅੰਦਰਲੇ ਥਾਈਂ ਲੁਕ ਕੇ ਪਰਾਈਆਂ ਇਸਤ੍ਰੀਆਂ ਵਲ ਤੱਕਦੇ ਹਨ, ਔਖੇ ਥਾਈਂ ਸੰਨ੍ਹ ਲਾਉਂਦੇ ਹਨ

ਤੇ ਸ਼ਰਾਬ ਨੂੰ ਮਿੱਠਾ ਕਰ ਕੇ ਮਾਣਦੇ ਹਨ । (ਅੰਤ ਨੂੰ) ਆਪੋ ਆਪਣੇ ਕੀਤੇ ਕਰਮਾਂ ਅਨੁਸਾਰ ਆਪ ਹੀ ਪਛਤਾਉਂਦੇ ਹਨ, (ਕਿਉਂਕਿ) ਮੌਤ ਦਾ ਫ਼ਰਿਸ਼ਤਾ ਮਾੜੇ ਕੰਮ ਕਰਨ ਵਾਲਿਆਂ ਨੂੰ ਇਉਂ ਪੀੜਦਾ ਹੈ ਜਿਵੇਂ ਘਾਣੀ ਵਿਚ ਤਿਲ ।੨੭।

ਸਲੋਕ ਮਃ ੫ ॥ ਸੇਵਕ ਸਚੇ ਸਾਹ ਕੇ ਸੇਈ ਪਰਵਾਣੁ ॥ ਦੂਜਾ ਸੇਵਨਿ ਨਾਨਕਾ ਸੇ ਪਚਿ ਪਚਿ ਮੁਏ ਅਜਾਣ ॥੧॥ {ਪੰਨਾ 315}

ਅਰਥ:- ਜੋ ਮਨੁੱਖ ਸੱਚੇ ਸ਼ਾਹ (ਪ੍ਰਭੂ) ਦੇ ਸੇਵਕ ਹਨ ਉਹੋ ਹੀ (ਪ੍ਰਭੂ ਦੀ ਹਜ਼ੂਰੀ ਵਿਚ) ਕਬੂਲ ਪੈਂਦੇ ਹਨ । ਹੇ ਨਾਨਕ! ਜੋ (ਉਸ ਸੱਚੇ ਸ਼ਾਹ ਨੂੰ ਛੱਡ ਕੇ) ਦੂਜੇ ਦੀ ਸੇਵਾ ਕਰਦੇ ਹਨ, ਉਹ ਮੂਰਖ ਖਪ ਖਪ ਕੇ ਮਰਦੇ ਹਨ ।੧।

ਮਃ ੫ ॥ ਜੋ ਧੁਰਿ ਲਿਖਿਆ ਲੇਖੁ ਪ੍ਰਭ ਮੇਟਣਾ ਨ ਜਾਇ ॥ ਰਾਮ ਨਾਮੁ ਧਨੁ ਵਖਰੋ ਨਾਨਕ ਸਦਾ ਧਿਆਇ ॥੨॥ {ਪੰਨਾ 315}

ਅਰਥ:- ਹੇ ਪ੍ਰਭੂ! ਮੁਢ ਤੋਂ (ਕੀਤੇ ਕੰਮਾਂ ਦੇ ਅਨੁਸਾਰ) ਜੋ (ਸੰਸਕਾਰ-ਰੂਪ) ਲੇਖ (ਹਿਰਦੇ ਵਿਚ) ਉੱਕਰਿਆ ਗਿਆ ਹੈ, ਉਹ ਮਿਟਾਇਆ ਨਹੀਂ ਜਾ ਸਕਦਾ । (ਪਰ ਹਾਂ) ਹੇ ਨਾਨਕ! ਪ੍ਰਭੂ ਦਾ ਨਾਮ-ਧਨ ਤੇ ਸੌਦਾ (ਇਕੱਠਾ ਕਰੋ), ਨਾਮ ਸਦਾ ਸਿਮਰੋ (ਇਸ ਤਰ੍ਹਾਂ ਪਿਛਲਾ ਲੇਖ ਮਿਟ ਸਕਦਾ ਹੈ) ।੨।

ਪਉੜੀ ੫ ॥ ਨਾਰਾਇਣਿ ਲਇਆ ਨਾਠੂੰਗੜਾ ਪੈਰ ਕਿਥੈ ਰਖੈ ॥ ਕਰਦਾ ਪਾਪ ਅਮਿਤਿਆ ਨਿਤ ਵਿਸੋ ਚਖੈ ॥ ਨਿੰਦਾ ਕਰਦਾ ਪਚਿ ਮੁਆ ਵਿਚਿ ਦੇਹੀ ਭਖੈ ॥ ਸਚੈ ਸਾਹਿਬ ਮਾਰਿਆ ਕਉਣੁ ਤਿਸ ਨੋ ਰਖੈ ॥ ਨਾਨਕ ਤਿਸੁ ਸਰਣਾਗਤੀ ਜੋ ਪੁਰਖੁ ਅਲਖੈ ॥੨੮॥ {ਪੰਨਾ 315}

ਪਦਅਰਥ:- ਨਾਰਾਇਣਿ—ਨਾਰਾਇਣ ਤੋਂ । ਨਾਠੂੰਗੜਾ—ਠੇਡਾ, ਨੱਠਣ ਲਈ ਧੱਕਾ । ਅਮਿਤਿਆ-ਬੇਅੰਤ । ਵਿਸੋ—ਵਿਹੁ ਹੀ । ਭਖੈ—ਸਕਦਾ ਹੈ । ਅਲਖੈ—ਅਲੱਖ, ਅਦ੍ਰਿਸ਼ਟ ।

ਅਰਥ:- ਜਿਸ ਮਨੁੱਖ ਨੂੰ ਰੱਬ ਵਲੋਂ ਹੀ ਠੇਡਾ ਵੱਜੇ, ਉਹ (ਜ਼ਿੰਦਗੀ ਦੇ ਸਹੀ ਰਾਹ ਤੇ) ਟਿਕ ਨਹੀਂ ਸਕਦਾ । ਉਹ ਬੇਅੰਤ ਪਾਪ ਕਰਦਾ ਰਹਿੰਦਾ ਹੈ, ਸਦਾ (ਵਿਕਾਰਾਂ ਦੀ) ਵਿਹੁ ਹੀ ਚੱਖਦਾ ਹੈ (ਭਾਵ, ਉਸ ਨੂੰ ਵਿਕਾਰਾਂ ਦਾ ਚਸਕਾ ਪਿਆ ਰਹਿੰਦਾ ਹੈ) । ਦੂਜਿਆਂ ਦੇ ਐਬ ਢੂੰਢ ਢੂੰਢ ਕੇ ਖ਼ੁਆਰ ਹੁੰਦਾ ਹੈ ਤੇ ਆਪਣੇ ਆਪ ਵਿਚ ਸੜਦਾ ਹੈ । ਉਹ (ਸਮਝੋ) ਸੱਚੇ ਪਰਮਾਤਮਾ ਵਲੋਂ ਮਾਰਿਆ ਹੋਇਆ ਹੈ, ਕੋਈ ਉਸ ਦੀ ਸਹਾਇਤਾ ਨਹੀਂ ਕਰ ਸਕਦਾ । ਹੇ ਨਾਨਕ! (ਇਸ ਵਿਹੁ ਤੋਂ ਬਚਣ ਲਈ) ਉਸ ਅਕਾਲ ਪੁਰਖ ਦੀ ਸ਼ਰਨ ਪਉ ਜੋ ਅਲੱਖ ਹੈ ।੨੮।

ਸਲੋਕ ਮਃ ੫ ॥ ਨਰਕ ਘੋਰ ਬਹੁ ਦੁਖ ਘਣੇ ਅਕਿਰਤਘਣਾ ਕਾ ਥਾਨੁ ॥ ਤਿਨਿ ਪ੍ਰਭਿ ਮਾਰੇ ਨਾਨਕਾ ਹੋਇ ਹੋਇ ਮੁਏ ਹਰਾਮੁ ॥੧॥ {ਪੰਨਾ 315}

ਪਦਅਰਥ:- ਅਕਿਰਤਘਣ—ਕੀਤੇ ਉਪਕਾਰ ਨੂੰ ਵਿਸਾਰਨ ਵਾਲੇ, ਦਾਤਾਰ ਨੂੰ ਭੁਲਾਣ ਵਾਲੇ ।

ਅਰਥ:- ਅਕਿਰਤਘਣ ਮਨੁੱਖ ਉਸ ਪ੍ਰਭੂ ਵਲੋਂ ਮਾਰੇ ਹੋਏ ਹੁੰਦੇ ਹਨ, ਬਹੁਤ ਭਾਰੇ ਦੁੱਖ-ਰੂਪ ਘੋਰ ਨਰਕ ਉਹਨਾਂ ਦਾ ਟਿਕਾਣਾ ਹੈ । ਹੇ ਨਾਨਕ! (ਇਹਨਾਂ ਦੁੱਖਾਂ ਵਿਚ) ਉਹ ਖ਼ੁਆਰ ਹੋ ਹੋ ਕੇ ਮਰਦੇ ਹਨ ।੧।

ਮਃ ੫ ॥ ਅਵਖਧ ਸਭੇ ਕੀਤਿਅਨੁ ਨਿੰਦਕ ਕਾ ਦਾਰੂ ਨਾਹਿ ॥ ਆਪਿ ਭੁਲਾਏ ਨਾਨਕਾ ਪਚਿ ਪਚਿ ਜੋਨੀ ਪਾਹਿ ॥੨॥ {ਪੰਨਾ 315}

ਪਦਅਰਥ:- ਅਵਖਧ—ਦਵਾਈਆਂ, ਦਾਰੂ । ਕੀਤਿਅਨੁ—ਕੀਤੇ ਹਨ ਉਸ ਪ੍ਰਭੂ ਨੇ । ਪਾਹਿ—ਪੈਂਦੇ ਹਨ ।

ਅਰਥ:- ਸਾਰੇ ਰੋਗਾਂ ਦੇ ਦਾਰੂ ਉਸ ਪ੍ਰਭੂ ਨੇ ਬਣਾਏ ਹਨ (ਭਾਵ, ਹੋ ਸਕਦੇ ਹਨ), ਪਰ ਨਿੰਦਕਾਂ (ਦੇ ਨਿੰਦਾ-ਰੋਗ ਦਾ) ਕੋਈ ਇਲਾਜ ਨਹੀਂ । ਹੇ ਨਾਨਕ! ਪ੍ਰਭੂ ਨੇ ਆਪ ਉਹ ਭੁਲੇਖੇ ਵਿਚ ਪਾਏ ਹੋਏ ਹਨ (ਇਸ ਆਪਣੇ ਕੀਤੇ ਦੇ ਅਨੁਸਾਰ) ਨਿੰਦਕ ਖਪ ਖਪ ਕੇ ਜੂਨੀਆਂ ਵਿਚ ਪੈਂਦੇ ਹਨ ।੨।

ਪਉੜੀ ੫ ॥ ਤੁਸਿ ਦਿਤਾ ਪੂਰੈ ਸਤਿਗੁਰੂ ਹਰਿ ਧਨੁ ਸਚੁ ਅਖੁਟੁ ॥ ਸਭਿ ਅੰਦੇਸੇ ਮਿਟਿ ਗਏ ਜਮ ਕਾ ਭਉ ਛੁਟੁ ॥ ਕਾਮ ਕ੍ਰੋਧ ਬੁਰਿਆਈਆਂ ਸੰਗਿ ਸਾਧੂ ਤੁਟੁ ॥ ਵਿਣੁ ਸਚੇ ਦੂਜਾ ਸੇਵਦੇ ਹੁਇ ਮਰਸਨਿ ਬੁਟੁ ॥ ਨਾਨਕ ਕਉ ਗੁਰਿ ਬਖਸਿਆ ਨਾਮੈ ਸੰਗਿ ਜੁਟੁ ॥੨੯॥ {ਪੰਨਾ 315}

ਪਦ ਅਰਥ—ਤੁਸਿ—ਤੁੱਠ ਕੇ । ਬੁਟੁ—ਬੋਟ ਵਾਂਗ ਨਿਆਸਰੇ ।

ਅਰਥ:- (ਜਿਨ੍ਹਾਂ ਮਨੁੱਖਾਂ ਨੂੰ) ਪੂਰੇ ਸਤਿਗੁਰੂ ਨੇ ਪ੍ਰਭੂ ਦਾ ਸੱਚਾ ਤੇ ਨਾ ਮੁੱਕਣ ਵਾਲਾ ਧਨ ਪਰਸੰਨ ਹੋ ਕੇ ਦਿੱਤਾ ਹੈ, ਉਹਨਾਂ ਦੇ ਸਾਰੇ ਫ਼ਿਕਰ ਮਿਟ ਜਾਂਦੇ ਹਨ ਤੇ ਮੌਤ ਦਾ ਡਰ ਦੂਰ ਹੋ ਜਾਂਦਾ ਹੈ (ਅਤੇ ਉਹਨਾਂ ਦੇ) ਕਾਮ ਕਰੋਧ ਆਦਿਕ ਪਾਪ ਸੰਤਾਂ ਦੀ ਸੰਗਤ ਵਿਚ ਮੁੱਕ ਜਾਂਦੇ ਹਨ; ਪਰ ਜੋ ਮਨੁੱਖ ਸੱਚੇ ਹਰੀ ਤੋਂ ਬਿਨਾ ਕਿਸੇ ਹੋਰ ਦੀ ਸੇਵਾ ਕਰਦੇ ਹਨ, ਉਹ ਬੋਟ ਹੋ ਕੇ (ਭਾਵ, ਨਿਆਸਰੇ ਹੋ ਕੇ) ਮਰਦੇ ਹਨ । ਹੇ ਨਾਨਕ! ਜਿਸ ਮਨੁੱਖ ਤੇ ਸਤਿਗੁਰੂ ਦੀ ਰਾਹੀਂ ਪ੍ਰਭੂ ਨੇ ਬਖ਼ਸ਼ਿਸ਼ ਕੀਤੀ ਹੈ ਉਹ ਨਿਰੋਲ ਨਾਮ ਵਿਚ ਜੁਟਿਆ ਹੋਇਆ ਹੈ ।੨੯।

ਸਲੋਕ ਮਃ ੪ ॥ ਤਪਾ ਨ ਹੋਵੈ ਅੰਦ੍ਰਹੁ ਲੋਭੀ ਨਿਤ ਮਾਇਆ ਨੋ ਫਿਰੈ ਜਜਮਾਲਿਆ ॥ ਅਗੋ ਦੇ ਸਦਿਆ ਸਤੈ ਦੀ ਭਿਖਿਆ ਲਏ ਨਾਹੀ ਪਿਛੋ ਦੇ ਪਛੁਤਾਇ ਕੈ ਆਣਿ ਤਪੈ ਪੁਤੁ ਵਿਚਿ ਬਹਾਲਿਆ ॥ {ਪੰਨਾ 315}

ਪਦਅਰਥ:- ਜਜਮਾਲਿਆ—ਕੋਹੜੀ । ਅਗੋਦੇ—ਪਹਿਲਾਂ । ਸਤੈ ਦੀ—ਆਦਰ ਦੀ । ਆਣਿ—ਲਿਆ ਕੇ ।

ਅਰਥ:- ਜੋ ਮਨੁੱਖ ਅੰਦਰੋਂ ਲੋਭੀ ਹੋਵੇ ਤੇ ਜੋ ਕੋਹੜੀ ਸਦਾ ਮਾਇਆ ਵਾਸਤੇ ਭਟਕਦਾ ਫਿਰੇ, ਉਹ (ਸੱਚਾ) ਤਪੱਸਵੀ ਨਹੀਂ ਹੋ ਸਕਦਾ । ਇਹ ਤਪਾ ਪਹਿਲਾਂ (ਆਪਣੇ ਆਪ) ਸੱਦਿਆਂ ਆਦਰ ਦੀ ਭਿੱਛਿਆ ਲੈਂਦਾ ਨਹੀਂ ਸੀ, ਤੇ ਪਿਛੋਂ ਪਛਤਾ ਕੇ ਇਸ ਨੇ ਪੁੱਤਰ ਨੂੰ ਲਿਆ ਕੇ (ਪੰਗਤਿ) ਵਿਚ ਬਿਠਾਲ ਦਿੱਤਾ ।

ਪੰਚ ਲੋਗ ਸਭਿ ਹਸਣ ਲਗੇ ਤਪਾ ਲੋਭਿ ਲਹਰਿ ਹੈ ਗਾਲਿਆ ॥ ਜਿਥੈ ਥੋੜਾ ਧਨੁ ਵੇਖੈ ਤਿਥੈ ਤਪਾ ਭਿਟੈ ਨਾਹੀ ਧਨਿ ਬਹੁਤੈ ਡਿਠੈ ਤਪੈ ਧਰਮੁ ਹਾਰਿਆ ॥ {ਪੰਨਾ 315}

ਪਦਅਰਥ:- ਲੋਭਿ—ਲੋਭ ਵਿਚ ।

ਅਰਥ:- (ਨਗਰ ਦੇ) ਮੁਖੀ ਬੰਦੇ ਸਾਰੇ ਹੱਸਣ ਲੱਗ ਪਏ (ਤੇ ਆਖਣ ਲੱਗੇ ਕਿ) ਇਹ ਤਪਾ ਲੋਭ ਦੀ ਲਹਿਰ ਵਿਚ ਗਲਿਆ ਪਿਆ ਹੈ । ਜਿੱਥੇ ਥੋੜਾ ਧਨ ਵੇਖਦਾ ਹੈ, ਓਥੇ ਤਾਂ ਨੇੜੇ ਛੋਂਹਦਾ ਭੀ ਨਹੀਂ, ਤੇ ਬਹੁਤਾ ਧਨ ਵੇਖਿਆਂ (ਵੇਖ ਕੇ) ਤਪੇ ਨੇ ਆਪਣਾ ਧਰਮ ਹਾਰ ਦਿੱਤਾ ਹੈ ।

ਭਾਈ ਏਹੁ ਤਪਾ ਨ ਹੋਵੀ ਬਗੁਲਾ ਹੈ ਬਹਿ ਸਾਧ ਜਨਾ ਵੀਚਾਰਿਆ ॥ ਸਤ ਪੁਰਖ ਕੀ ਤਪਾ ਨਿੰਦਾ ਕਰੈ ਸੰਸਾਰੈ ਕੀ ਉਸਤਤੀ ਵਿਚਿ ਹੋਵੈ ਏਤੁ ਦੋਖੈ ਤਪਾ ਦਯਿ ਮਾਰਿਆ ॥ {ਪੰਨਾ 315}

ਪਦਅਰਥ:- ਏਤੁ ਦੋਖੈ—ਇਸ ਐਬ ਦੇ ਕਾਰਨ । ਦਯਿ—ਖਸਮ ਨੇ ।

ਅਰਥ:- ਭਲੇ ਮਨੁੱਖਾਂ ਨੇ ਇਕੱਠੇ ਹੋ ਕੇ ਵਿਚਾਰ ਕੀਤੀ ਹੈ (ਤੇ ਫ਼ੈਸਲਾ ਕੀਤਾ ਹੈ) ਕਿ ਹੇ ਭਾਈ! ਇਹ (ਸੱਚਾ) ਤਪਾ ਨਹੀਂ ਹੈ ਬਗੁਲਾ (ਭਾਵ, ਪਖੰਡੀ) ਹੈ । ਭਲੇ ਮਨੁੱਖਾਂ ਦੀ ਇਹ ਤਪਾ ਨਿੰਦਾ ਕਰਦਾ ਹੈ ਤੇ ਸੰਸਾਰ ਦੀ ਉਸਤਤਿ ਵਿਚ ਹੈ (ਭਾਵ, ਸੰਸਾਰੀ ਜੀਵਾਂ ਦੀ ਵਡਿਆਈ ਵਿਚ ਖ਼ੁਸ਼ ਹੁੰਦਾ ਹੈ) ਇਸ ਦੂਸ਼ਣ ਕਰਕੇ ਇਸ ਤਪੇ ਨੂੰ ਖਸਮ ਪ੍ਰਭੂ ਨੇ (ਆਤਮਕ ਜੀਵਨ ਵਲੋਂ) ਮੁਰਦਾ ਕਰ ਦਿੱਤਾ ਹੈ ।

ਮਹਾ ਪੁਰਖਾਂ ਕੀ ਨਿੰਦਾ ਕਾ ਵੇਖੁ ਜਿ ਤਪੇ ਨੋ ਫਲੁ ਲਗਾ ਸਭੁ ਗਇਆ ਤਪੇ ਕਾ ਘਾਲਿਆ ॥ ਬਾਹਰਿ ਬਹੈ ਪੰਚਾ ਵਿਚਿ ਤਪਾ ਸਦਾਏ ॥ ਅੰਦਰਿ ਬਹੈ ਤਪਾ ਪਾਪ ਕਮਾਏ ॥ ਹਰਿ ਅੰਦਰਲਾ ਪਾਪੁ ਪੰਚਾ ਨੋ ਉਘਾ ਕਰਿ ਵੇਖਾਲਿਆ ॥ {ਪੰਨਾ 315-316}

ਅਰਥ:- ਵੇਖੋ! ਮਹਾਂ ਪੁਰਖਾਂ ਦੀ ਨਿੰਦਿਆ ਕਰਨ ਦਾ ਇਸ ਤਪੇ ਨੂੰ ਇਹ ਫਲ ਮਿਲਿਆ ਹੈ ਕਿ ਇਸ ਦੀ (ਹੁਣ ਤਾਈਂ ਦੀ ਕੀਤੀ ਹੋਈ) ਸਾਰੀ ਘਾਲ ਨਿਸਫਲ ਗਈ ਹੈ । ਬਾਹਰ ਨਗਰ ਦੇ ਮੁਖੀ ਬੰਦਿਆਂ ਵਿਚ ਬੈਠ ਕੇ ਆਪਣੇ ਆਪ ਨੂੰ ਤਪਾ ਅਖਵਾਉਂਦਾ ਹੈ ਅਤੇ ਅੰਦਰ ਬਹਿ ਕੇ ਤਪਾ ਮੰਦੇ ਕਰਮ ਕਰਦਾ ਹੈ, ਪ੍ਰਭੂ ਨੇ ਤਪੇ ਦਾ ਅੰਦਰਲਾ (ਲੁਕਵਾਂ) ਪਾਪ ਪੰਚਾਂ ਨੂੰ ਪਰਗਟ ਕਰ ਕੇ ਵਿਖਾਲ ਦਿੱਤਾ ।

ਧਰਮ ਰਾਇ ਜਮਕੰਕਰਾ ਨੋ ਆਖਿ ਛਡਿਆ ਏਸੁ ਤਪੇ ਨੋ ਤਿਥੈ ਖੜਿ ਪਾਇਹੁ ਜਿਥੈ ਮਹਾ ਮਹਾਂ ਹਤਿਆਰਿਆ ॥ ਫਿਰਿ ਏਸੁ ਤਪੇ ਦੈ ਮੁਹਿ ਕੋਈ ਲਗਹੁ ਨਾਹੀ ਏਹੁ ਸਤਿਗੁਰਿ ਹੈ ਫਿਟਕਾਰਿਆ ॥ {ਪੰਨਾ 316}

ਪਦਅਰਥ:- ਕੰਕਰ—ਕਿੰਕਰ, ਦਾਸ, ਦੂਤ । ਖੜਿ—ਲੈ ਜਾ ਕੇ ।

ਅਰਥ:- ਧਰਮਰਾਜ ਨੇ ਆਪਣੇ ਜਮਦੂਤਾਂ ਨੂੰ ਆਖ ਦਿੱਤਾ ਹੈ ਕਿ ਇਸ ਤਪੇ ਨੂੰ ਲੈ ਜਾ ਕੇ ਉਸ ਥਾਂ ਪਾਇਓ ਜਿਥੇ ਵੱਡੇ ਤੋਂ ਵੱਡੇ ਪਾਪੀ (ਪਾਈਦੇ ਹਨ), ਫੇਰ (ਉਥੇ ਭੀ) ਇਸ ਤਪੇ ਦੇ ਮੂੰਹ ਕੋਈ ਨਾ ਲੱਗਿਓ, (ਕਿਉਂਕਿ) ਇਹ ਤਪਾ ਸਤਿਗੁਰੂ ਵਲੋਂ ਫਿਟਕਾਰਿਆ ਹੋਇਆ ਹੈ (ਗੁਰੂ ਤੋਂ ਵਿੱਛੁੜਿਆ ਹੋਇਆ ਹੈ) ।

ਹਰਿ ਕੈ ਦਰਿ ਵਰਤਿਆ ਸੁ ਨਾਨਕਿ ਆਖਿ ਸੁਣਾਇਆ ॥ ਸੋ ਬੂਝੈ ਜੁ ਦਯਿ ਸਵਾਰਿਆ ॥੧॥ {ਪੰਨਾ 316}

ਅਰਥ:- ਹੇ ਨਾਨਕ! ਜੋ ਇਹ ਕੁਝ ਪ੍ਰਭੂ ਦੀ ਦਰਗਾਹ ਵਿਚ ਵਰਤਿਆ ਹੈ ਉਹ ਆਖ ਕੇ ਸੁਣਾ ਦਿੱਤਾ ਹੈ, ਇਸ ਗੱਲ ਨੂੰ ਉਹ ਮਨੁੱਖ ਸਮਝਦਾ ਹੈ ਜਿਸ ਨੂੰ ਖਸਮ ਪ੍ਰਭੂ ਨੇ ਸਵਾਰਿਆ ਹੋਇਆ ਹੈ ।੧।

ਮਃ ੪ ॥ ਹਰਿ ਭਗਤਾਂ ਹਰਿ ਆਰਾਧਿਆ ਹਰਿ ਕੀ ਵਡਿਆਈ ॥ ਹਰਿ ਕੀਰਤਨੁ ਭਗਤ ਨਿਤ ਗਾਂਵਦੇ ਹਰਿ ਨਾਮੁ ਸੁਖਦਾਈ ॥ {ਪੰਨਾ 316}

ਅਰਥ:- ਹਰੀ ਦੇ ਭਗਤ ਹਰੀ ਨੂੰ ਸਿਮਰਦੇ ਹਨ ਤੇ ਹਰੀ ਦੀ ਸਿਫ਼ਤਿ-ਸਾਲਾਹ ਕਰਦੇ ਹਨ, ਭਗਤ ਸਦਾ ਹਰੀ

ਦਾ ਕੀਰਤਨ ਗਾਂਦੇ ਹਨ ਤੇ ਹਰੀ ਦਾ ਸੁਖਦਾਈ ਨਾਮ (ਜਪਦੇ ਹਨ) ।

ਹਰਿ ਭਗਤਾਂ ਨੋ ਨਿਤ ਨਾਵੈ ਦੀ ਵਡਿਆਈ ਬਖਸੀਅਨੁ ਨਿਤ ਚੜੈ ਸਵਾਈ ॥ ਹਰਿ ਭਗਤਾਂ ਨੋ ਥਿਰੁ ਘਰੀ ਬਹਾਲਿਅਨੁ ਅਪਣੀ ਪੈਜ ਰਖਾਈ ॥ {ਪੰਨਾ 316}

ਪਦਅਰਥ:- ਬਖਸੀਅਨੁ—ਬਖ਼ਸ਼ੀ ਹੈ ਉਸ ਪ੍ਰਭੂ ਨੇ । ਬਹਾਲਿਅਨੁ—ਬਹਾਲੇ ਹਨ ਉਸ ਪ੍ਰਭੂ ਨੇ । (ਵੇਖੋ 'ਗੁਰਬਾਣੀ ਵਿਆਕਰਣ') ।

ਅਰਥ:- ਪ੍ਰਭੂ ਨੇ ਭਗਤਾਂ ਨੂੰ ਸਦਾ ਲਈ ਨਾਮ (ਜਪਣ) ਦਾ ਗੁਣ ਬਖ਼ਸ਼ਿਆ ਹੈ ਜੋ ਦਿਨੋਂ ਦਿਨ ਸਵਾਇਆ ਵਧਦਾ ਹੈ । ਪ੍ਰਭੂ ਨੇ ਆਪਣੇ ਬਿਰਦ ਦੀ ਲਾਜ ਰੱਖੀ ਹੈ ਤੇ ਆਪਣੇ ਭਗਤਾਂ ਨੂੰ ਹਿਰਦੇ ਵਿਚ ਅਡੋਲ ਕਰ ਦਿੱਤਾ ਹੈ (ਭਾਵ, ਮਾਇਆ ਦੇ ਪਿਛੇ ਨਹੀਂ ਡੋਲਣ ਦੇਂਦਾ) ।

ਨਿੰਦਕਾਂ ਪਾਸਹੁ ਹਰਿ ਲੇਖਾ ਮੰਗਸੀ ਬਹੁ ਦੇਇ ਸਜਾਈ ॥ ਜੇਹਾ ਨਿੰਦਕ ਅਪਣੈ ਜੀਇ ਕਮਾਵਦੇ ਤੇਹੋ ਫਲੁ ਪਾਈ ॥ ਅੰਦਰਿ ਕਮਾਣਾ ਸਰਪਰ ਉਘੜੈ ਭਾਵੈ ਕੋਈ ਬਹਿ ਧਰਤੀ ਵਿਚਿ ਕਮਾਈ ॥ {ਪੰਨਾ 316}

ਪਦਅਰਥ:- ਜੀਇ—ਹਿਰਦੇ ਵਿਚ । ਸਰਪਰ—ਜ਼ਰੂਰ ।

ਅਰਥ:- ਨਿੰਦਕਾਂ ਕੋਲੋਂ ਪ੍ਰਭੂ ਲੇਖਾ ਮੰਗਦਾ ਹੈ ਤੇ ਬਹੁਤੀ ਸਜ਼ਾ ਦਿੰਦਾ ਹੈ । ਨਿੰਦਕ ਜਿਹੋ ਜਿਹਾ ਆਪਣੇ ਮਨ ਵਿਚ ਕਮਾਂਦੇ ਹਨ, ਤਿਹੋ ਜਿਹਾ ਉਹਨਾਂ ਨੂੰ ਫਲ ਮਿਲਦਾ ਹੈ (ਕਿਉਂਕਿ) ਅੰਦਰ ਬੈਠ ਕੇ ਭੀ ਕੀਤਾ ਹੋਇਆ ਕੰਮ ਜ਼ਰੂਰ ਪਰਗਟ ਹੋ ਜਾਂਦਾ ਹੈ, ਭਾਵੇਂ ਕੋਈ ਧਰਤੀ ਵਿਚ (ਲੁਕ ਕੇ) ਕਰੇ ।

ਜਨ ਨਾਨਕੁ ਦੇਖਿ ਵਿਗਸਿਆ ਹਰਿ ਕੀ ਵਡਿਆਈ ॥੨॥ {ਪੰਨਾ 316}

ਅਰਥ:- (ਪ੍ਰਭੂ ਦਾ) ਦਾਸ ਨਾਨਕ ਪ੍ਰਭੂ ਦੀ ਵਡਿਆਈ ਵੇਖ ਕੇ ਪ੍ਰਸੰਨ ਹੋ ਰਿਹਾ ਹੈ ।੨।

ਪਉੜੀ ਮਃ ੫ ॥ ਭਗਤ ਜਨਾਂ ਕਾ ਰਾਖਾ ਹਰਿ ਆਪਿ ਹੈ ਕਿਆ ਪਾਪੀ ਕਰੀਐ ॥ ਗੁਮਾਨੁ ਕਰਹਿ ਮੂੜ ਗੁਮਾਨੀਆ ਵਿਸੁ ਖਾਧੀ ਮਰੀਐ ॥ ਆਇ ਲਗੇ ਨੀ ਦਿਹ ਥੋੜੜੇ ਜਿਉ ਪਕਾ ਖੇਤੁ ਲੁਣੀਐ ॥ ਜੇਹੇ ਕਰਮ ਕਮਾਵਦੇ ਤੇਵੇਹੋ ਭਣੀਐ ॥ ਜਨ ਨਾਨਕ ਕਾ ਖਸਮੁ ਵਡਾ ਹੈ ਸਭਨਾ ਦਾ ਧਣੀਐ ॥੩੦॥ {ਪੰਨਾ 316}

ਪਦਅਰਥ:- ਆਇ ਲਗੇ ਨੀ—ਮੁੱਕ ਜਾਂਦੇ ਹਨ । ਲੁਣੀਐ—ਕੱਟੀਦਾ ਹੈ । ਭਣੀਐ—ਅਖਵਾਂਦੇ ਹਨ । ਧਣੀਐ—ਧਣੀ, ਖਸਮ ।

ਅਰਥ:- ਪ੍ਰਭੂ (ਆਪਣੇ) ਭਗਤਾਂ ਦਾ ਆਪ ਰਾਖਾ ਹੈ, ਪਾਪ ਚਿਤਵਨ ਵਾਲਾ (ਉਹਨਾਂ ਦਾ) ਕੀਹ ਵਿਗਾੜ ਸਕਦਾ ਹੈ? (ਭਾਵ, ਕੁਝ ਵਿਗਾੜ ਨਹੀਂ ਸਕਦਾ) । ਮੂਰਖ ਅਹੰਕਾਰੀ ਮਨੁੱਖ ਅਹੰਕਾਰ ਕਰਦੇ ਹਨ ਤੇ (ਅਹੰਕਾਰ ਰੂਪੀ) ਜ਼ਹਿਰ ਖਾਧਿਆਂ ਮਰਦੇ ਹਨ (ਕਿਉਂਕਿ ਜਿਸ ਜ਼ਿੰਦਗੀ ਤੇ ਮਾਣ ਕਰਦੇ ਹਨ ਉਸ ਦੇ ਗਿਣਤੀ ਦੇ) ਥੋੜੇ ਦਿਨ ਆਖ਼ਰ ਮੁੱਕ ਜਾਂਦੇ ਹਨ, ਜਿਵੇਂ ਪੱਕਾ ਫ਼ਸਲ ਕੱਟੀਦਾ ਹੈ ਅਤੇ ਉਹ ਜਿਹੋ ਜਿਹੇ (ਅਹੰਕਾਰ ਦੇ) ਕੰਮ ਕਰਦੇ ਹਨ, (ਦਰਗਾਹ ਵਿਚ ਭੀ) ਉਹੋ ਜਿਹੇ ਅਖਵਾਉਂਦੇ ਹਨ (ਭਾਵ, ਉਹੋ ਜਿਹਾ ਫਲ ਪਾਉਂਦੇ ਹਨ) ।

(ਪਰ) ਜੋ ਪ੍ਰਭੂ ਸਭ ਦਾ ਮਾਲਕ ਹੈ, ਤੇ ਵੱਡਾ ਹੈ ਉਹ (ਆਪਣੇ) ਦਾਸ ਨਾਨਕ ਦਾ ਰਾਖਾ ਹੈ ।੩੦।

ਸਲੋਕ ਮਃ ੪ ॥ ਮਨਮੁਖ ਮੂਲਹੁ ਭੁਲਿਆ ਵਿਚਿ ਲਬੁ ਲੋਭੁ ਅਹੰਕਾਰੁ ॥ ਝਗੜਾ ਕਰਦਿਆ ਅਨਦਿਨੁ ਗੁਦਰੈ ਸਬਦਿ ਨ ਕਰਹਿ ਵੀਚਾਰੁ ॥ {ਪੰਨਾ 316}

ਪਦਅਰਥ:- ਮੂਲਹੁ—ਮੁੱਢ ਪਰਮਾਤਮਾ ਤੋਂ ।

ਅਰਥ:- ਸਤਿਗੁਰੂ ਤੋਂ ਭੁੱਲੇ ਹੋਏ ਮਨੁੱਖ ਮੂਲ ਤੋਂ ਭੁੱਲੇ ਹੋਏ ਹਨ, ਕਿਉਂਕਿ ਉਹਨਾਂ ਦੇ ਅੰਦਰ ਲੱਬ, ਲੋਭ ਤੇ ਅਹੰਕਾਰ ਹੈ, ਉਹਨਾਂ ਦਾ ਹਰੇਕ ਦਿਹਾੜਾ (ਭਾਵ, ਸਾਰੀ ਉਮਰ) ਲੱਬ ਲੋਭ ਅਹੰਕਾਰ (ਸੰਬੰਧੀ) ਝਗੜਾ ਕਰਦਿਆਂ ਗੁਜ਼ਰਦਾ ਹੈ, ਉਹ ਸਤਿਗੁਰੂ ਦੇ ਸ਼ਬਦ ਵਿਚ ਵਿਚਾਰ ਨਹੀਂ ਕਰਦੇ ।

ਸੁਧਿ ਮਤਿ ਕਰਤੈ ਸਭ ਹਿਰਿ ਲਈ ਬੋਲਨਿ ਸਭੁ ਵਿਕਾਰੁ ॥ ਦਿਤੈ ਕਿਤੈ ਨ ਸੰਤੋਖੀਅਹਿ ਅੰਤਰਿ ਤਿਸਨਾ ਬਹੁ ਅਗਿਆਨੁ ਅੰਧਾਰੁ ॥ {ਪੰਨਾ 316}

ਪਦਅਰਥ:- ਸੁਧਿ—ਹੋਸ਼ । ਹਿਰਿ ਲਈ—ਖੋਹ ਲਈ । ਨ ਸੰਤੋਖੀਅਹਿ—ਰੱਜਦੇ ਨਹੀਂ । ਤਿਸਨਾ—ਲਾਲਚ । ਅੰਧਾਰੁ—ਹਨੇਰਾ ।

ਅਰਥ:- ਕਰਤਾਰ ਨੇ ਉਹਨਾਂ (ਮਨਮੁਖਾਂ) ਦੀ ਹੋਸ਼ ਤੇ ਅਕਲ ਖੋਹ ਲਈ ਹੈ, ਨਿਰਾ ਵਿਕਾਰ ਹੀ ਬੋਲਦੇ ਹਨ (ਭਾਵ, ਨਿਰੇ ਵਿਕਾਰਾਂ ਦੇ ਬਚਨ ਹੀ ਕਰਦੇ ਹਨ); ਉਹ ਕਿਸੇ ਭੀ ਦਾਤ (ਦੇ ਮਿਲਣ) ਤੇ ਰੱਜਦੇ ਨਹੀਂ, ਕਿਉਂਕਿ ਉਹਨਾਂ ਦੇ ਮਨ ਵਿਚ ਬੜੀ ਤ੍ਰਿਸ਼ਨਾ ਅਗਿਆਨ ਤੇ ਹਨੇਰਾ ਹੈ ।

ਨਾਨਕ ਮਨਮੁਖਾ ਨਾਲੋ ਤੁਟੀ ਭਲੀ ਜਿਨ ਮਾਇਆ ਮੋਹ ਪਿਆਰੁ ॥੧॥ {ਪੰਨਾ 316}

ਅਰਥ:- ਹੇ ਨਾਨਕ! (ਇਹੋ ਜਿਹੇ) ਮਨਮੁਖਾਂ ਨਾਲੋਂ ਸੰਬੰਧ ਟੁੱਟਾ ਹੋਇਆ ਹੀ ਚੰਗਾ ਹੈ, ਕਿਉਂਕਿ ਉਹਨਾਂ ਦਾ ਮੋਹ ਪਿਆਰ ਤਾਂ ਮਾਇਆ ਨਾਲ ਹੈ ।੧।

ਮਃ ੪ ॥ ਜਿਨਾ ਅੰਦਰਿ ਦੂਜਾ ਭਾਉ ਹੈ ਤਿਨ੍ਾ ਗੁਰਮੁਖਿ ਪ੍ਰੀਤਿ ਨ ਹੋਇ ॥ ਓਹੁ ਆਵੈ ਜਾਇ ਭਵਾਈਐ ਸੁਪਨੈ ਸੁਖੁ ਨ ਕੋਇ ॥ {ਪੰਨਾ 316}

ਅਰਥ:- ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਮਾਇਆ ਦਾ ਪਿਆਰ ਹੈ, ਉਹਨਾਂ (ਦੇ ਹਿਰਦੇ ਵਿਚ) ਸਤਿਗੁਰੂ ਦੇ ਸਨਮੁਖ ਰਹਿਣ ਵਾਲਾ ਨਿਹੁੰ ਨਹੀਂ ਹੁੰਦਾ ।

ਕੂੜੁ ਕਮਾਵੈ ਕੂੜੁ ਉਚਰੈ ਕੂੜਿ ਲਗਿਆ ਕੂੜੁ ਹੋਇ ॥ ਮਾਇਆ ਮੋਹੁ ਸਭੁ ਦੁਖੁ ਹੈ ਦੁਖਿ ਬਿਨਸੈ ਦੁਖੁ ਰੋਇ ॥ {ਪੰਨਾ 316}

ਅਰਥ:- ਜੋ ਮਨੁੱਖ (ਮਾਇਆ ਮੋਹ-ਰੂਪ) ਕੂੜਾ ਕੰਮ ਕਰਦਾ ਹੈ, ਤੇ (ਜ਼ਬਾਨ ਤੋਂ ਭੀ) ਕੂੜ ਬੋਲਦਾ ਹੈ ਤੇ ਕੂੜ ਵਿਚ ਲੱਗ ਕੇ ਕੂੜ (ਦਾ ਰੂਪ ਹੀ) ਹੋ ਜਾਂਦਾ ਹੈ, ਉਸ ਨੂੰ ਸੁਪਨੇ ਵਿਚ ਭੀ ਸੁਖ ਨਹੀਂ ਮਿਲਦਾ ਤੇ ਉਹ ਜੰਮਣ ਮਰਨ ਵਿਚ ਭਉਂਦਾ ਫਿਰਦਾ ਹੈ, (ਕਿਉਂਕਿ) ਮਾਇਆ ਦਾ ਮੋਹ (-ਰੂਪ ਕੂੜ) ਨਿਰੋਲ ਦੁੱਖ (ਦਾ ਕਾਰਨ) ਹੈ (ਇਸ ਲਈ ਉਹ) ਦੁੱਖ ਵਿਚ ਹੀ ਮੁੱਕ ਜਾਂਦਾ ਹੈ ਤੇ ਦੁੱਖ (ਦਾ ਰੋਣਾ ਹੀ) ਰੋਂਦਾ ਰਹਿੰਦਾ ਹੈ ।

ਨਾਨਕ ਧਾਤੁ ਲਿਵੈ ਜੋੜੁ ਨ ਆਵਈ ਜੇ ਲੋਚੈ ਸਭੁ ਕੋਇ ॥ ਜਿਨ ਕਉ ਪੋਤੈ ਪੁੰਨੁ ਪਇਆ ਤਿਨਾ ਗੁਰ ਸਬਦੀ ਸੁਖੁ ਹੋਇ ॥੨॥ {ਪੰਨਾ 316}

ਪਦਅਰਥ:- ਧਾਤੁ—ਮਾਇਆ । ਲਿਵ—(ਪ੍ਰਭੂ ਦਾ) ਪਿਆਰ । ਪੋਤੈ—(ਫ਼ਾ:) ਖ਼ਜ਼ਾਨੇ ਵਿਚ ।

ਅਰਥ:- ਭਾਵੇਂ ਹਰੇਕ ਮਨੁੱਖ ਪਿਆ ਤਾਂਘ ਕਰੇ (ਪਰ) ਹੇ ਨਾਨਕ! ਮਾਇਆ ਤੇ ਲਿਵ ਦਾ ਮੇਲ ਫਬ ਨਹੀਂ ਸਕਦਾ, (ਪਿਛਲੇ ਕੀਤੇ ਹੋਏ ਭਲੇ ਕਰਮਾਂ ਅਨੁਸਾਰ) ਜਿਨ੍ਹਾਂ ਦੇ (ਮਨ-ਰੂਪ) ਪੱਲੇ ਵਿਚ (ਭਲੇ ਸੰਸਕਾਰਾਂ ਦਾ ਇਕੱਠ-ਰੂਪ) ਪੁੰਨ (ਉੱਕਰਿਆ) ਹੋਇਆ ਹੈ, ਉਹਨਾਂ ਨੂੰ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਸੁਖ ਮਿਲਦਾ ਹੈ ।੨।

ਪਉੜੀ ਮਃ ੫ ॥ ਨਾਨਕ ਵੀਚਾਰਹਿ ਸੰਤ ਮੁਨਿ ਜਨਾਂ ਚਾਰਿ ਵੇਦ ਕਹੰਦੇ ॥ ਭਗਤ ਮੁਖੈ ਤੇ ਬੋਲਦੇ ਸੇ ਵਚਨ ਹੋਵੰਦੇ ॥ ਪਰਗਟ ਪਾਹਾਰੈ ਜਾਪਦੇ ਸਭਿ ਲੋਕ ਸੁਣੰਦੇ ॥ ਸੁਖੁ ਨ ਪਾਇਨਿ ਮੁਗਧ ਨਰ ਸੰਤ ਨਾਲਿ ਖਹੰਦੇ ॥ ਓਇ ਲੋਚਨਿ ਓਨਾ ਗੁਣਾ ਨੋ ਓਇ ਅਹੰਕਾਰਿ ਸੜੰਦੇ ॥ ਓਇ ਵੇਚਾਰੇ ਕਿਆ ਕਰਹਿ ਜਾਂ ਭਾਗ ਧੁਰਿ ਮੰਦੇ ॥ ਜੋ ਮਾਰੇ ਤਿਨਿ ਪਾਰਬ੍ਰਹਮਿ ਸੇ ਕਿਸੈ ਨ ਸੰਦੇ ॥ ਵੈਰੁ ਕਰਨਿ ਨਿਰਵੈਰ ਨਾਲਿ ਧਰਮਿ ਨਿਆਇ ਪਚੰਦੇ ॥ ਜੋ ਜੋ ਸੰਤਿ ਸਰਾਪਿਆ ਸੇ ਫਿਰਹਿ ਭਵੰਦੇ ॥ ਪੇਡੁ ਮੁੰਢਾਹੂ ਕਟਿਆ ਤਿਸੁ ਡਾਲ ਸੁਕੰਦੇ ॥੩੧॥ {ਪੰਨਾ 316-317}

ਪਦਅਰਥ:- ਪਾਹਾਰੈ—ਸੰਸਾਰ ਵਿਚ, ਪਸਾਰੇ ਵਿਚ । ਮੁਗਧ—ਮੂਰਖ । ਤਿਨਿ ਪਾਰਬ੍ਰਹਮਿ—ਉਸ ਪਾਰਬ੍ਰਹਮ ਨੇ । ਨਿਆਇ—ਨਿਆਂ ਅਨੁਸਾਰ ।

ਅਰਥ:- ਹੇ ਨਾਨਕ! ਸੰਤ ਤੇ ਮੁਨੀ ਜਨ (ਆਪਣੀ) ਵਿਚਾਰ ਦੱਸਦੇ ਹਨ ਤੇ ਚਾਰੇ ਵੇਦ (ਭਾਵ, ਪੁਰਾਤਨ ਧਰਮ-ਪੁਸਤਕ) ਭੀ (ਇਹੀ ਗੱਲ) ਆਖਦੇ ਹਨ, (ਕਿ) ਭਗਤ ਜਨ ਜੋ ਬਚਨ ਮੂੰਹੋਂ ਬੋਲਦੇ ਹਨ ਉਹ (ਸਹੀ) ਹੁੰਦੇ ਹਨ । (ਭਗਤ) ਸਾਰੇ ਸੰਸਾਰ ਵਿਚ ਪ੍ਰਤੱਖ ਪਰਸਿੱਧ ਹੁੰਦੇ ਹਨ ਤੇ (ਉਹਨਾਂ ਦੀ ਸੋਭਾ) ਸਾਰੇ ਲੋਕ ਸੁਣਦੇ ਹਨ । ਜੋ ਮੂਰਖ ਮਨੁੱਖ (ਅਜੇਹੇ) ਸੰਤਾਂ ਨਾਲ ਵੈਰ ਕਰਦੇ ਹਨ, ਉਹ ਸੁਖ ਨਹੀਂ ਪਾਂਦੇ, (ਉਹ ਦੋਖੀ) ਸੜਦੇ ਤਾਂ ਅਹੰਕਾਰ ਵਿਚ ਹਨ, (ਪਰ) ਭਗਤ ਜਨਾਂ ਦੇ ਗੁਣਾਂ ਨੂੰ ਤਰਸਦੇ ਹਨ । ਇਹਨਾਂ ਦੋਖੀ ਮਨੁੱਖਾਂ ਦੇ ਵੱਸ ਭੀ ਕੀਹ ਹੈ? ਕਿਉਂਕਿ ਮੁੱਢ ਤੋਂ (ਮੰਦੇ ਕੰਮ ਕਰਨ ਕਰਕੇ) ਮੰਦੇ (ਸੰਸਕਾਰ ਹੀ) ਉਹਨਾਂ ਦਾ ਹਿੱਸਾ ਹੈ । ਜੋ ਮਨੁੱਖ ਰੱਬ ਵਲੋਂ ਮੋਏ ਹੋਏ ਹਨ, ਉਹ ਕਿਸੇ ਦੇ (ਸੱਕੇ) ਨਹੀਂ । ਨਿਰਵੈਰਾਂ ਨਾਲ (ਭੀ) ਵੈਰ ਕਰਦੇ ਹਨ, ਤੇ (ਪਰਮਾਤਮਾ ਦੇ) ਧਰਮ ਨਿਆਂ ਅਨੁਸਾਰ ਦੁਖੀ ਹੁੰਦੇ ਹਨ । ਜੋ ਮਨੁੱਖ ਸੰਤਾਂ ਵਲੋਂ ਫਿਟਕਾਰੇ ਹੋਏ ਹਨ, ਉਹ (ਜਨਮ ਮਰਨ ਵਿਚ) ਭਟਕਦੇ ਫਿਰਦੇ ਹਨ । (ਇਹ ਸਪਸ਼ਟ ਗੱਲ ਹੈ ਕਿ) ਜੋ ਰੁੱਖ ਮੁੱਢੋਂ ਕੱਟਿਆ ਜਾਏ, ਉਸ ਦੇ ਟਾਹਣ ਭੀ ਸੁੱਕ ਜਾਂਦੇ ਹਨ ।੩੧।

ਸਲੋਕ ਮਃ ੫ ॥ ਗੁਰ ਨਾਨਕ ਹਰਿ ਨਾਮੁ ਦ੍ਰਿੜਾਇਆ ਭੰਨਣ ਘੜਣ ਸਮਰਥੁ ॥ ਪ੍ਰਭੁ ਸਦਾ ਸਮਾਲਹਿ ਮਿਤ੍ਰ ਤੂ ਦੁਖੁ ਸਬਾਇਆ ਲਥੁ ॥੧॥ {ਪੰਨਾ 317}

ਪਦਅਰਥ:- ਦ੍ਰਿੜਾਇਆ—ਦ੍ਰਿੜ੍ਹ ਕਰਾ ਦਿੱਤਾ ਹੈ, ਪੱਕਾ ਕਰਾ ਦਿੱਤਾ ਹੈ ।

ਅਰਥ:- ਹੇ ਨਾਨਕ! ਜੋ ਹਰੀ ਸਰੀਰਾਂ ਨੂੰ ਸਹਿਜੇ ਹੀ ਢਾਹ ਤੇ ਬਣਾ ਸਕਦਾ ਹੈ, ਸਤਿਗੁਰੂ ਨੇ ਉਸ ਹਰੀ ਦਾ ਨਾਮ (ਸਾਡੇ ਹਿਰਦੇ ਵਿਚ) ਪਰੋ ਦਿੱਤਾ ਹੈ (ਤੇ ਸਾਡਾ ਸਭ ਦੁੱਖ ਦੂਰ ਹੋ ਗਿਆ ਹੈ) । ਹੇ ਮਿੱਤਰ! ਜੇ ਤੂੰ (ਭੀ)

ਪ੍ਰਭੂ ਨੂੰ ਸਦਾ ਯਾਦ ਕਰੇਂ, ਤਾਂ (ਤੇਰਾ ਭੀ) ਸਭ ਦੁੱਖ ਲਹਿ ਜਾਏ ।੧।

ਮਃ ੫ ॥ ਖੁਧਿਆਵੰਤੁ ਨ ਜਾਣਈ ਲਾਜ ਕੁਲਾਜ ਕੁਬੋਲੁ ॥ ਨਾਨਕੁ ਮਾਂਗੈ ਨਾਮੁ ਹਰਿ ਕਰਿ ਕਿਰਪਾ ਸੰਜੋਗੁ ॥੨॥ {ਪੰਨਾ 317}

ਪਦਅਰਥ:- ਖੁਧਿਆ—ਭੁੱਖ । ਸੰਜੋਗੁ—ਮਿਲਾਪ ।

ਅਰਥ:- (ਜਿਵੇਂ) ਭੁੱਖਾ ਮਨੁੱਖ ਆਦਰ (ਦੇ ਬਚਨ) ਜਾਂ ਨਿਰਾਦਰੀ ਦੇ ਮੰਦੇ ਬਚਨ ਨੂੰ ਨਹੀਂ ਜਾਣਦਾ (ਭਾਵ, ਪਰਵਾਹ ਨਹੀਂ ਕਰਦਾ ਤੇ ਰੋਟੀ ਵਾਸਤੇ ਸਵਾਲ ਕਰ ਦੇਂਦਾ ਹੈ, ਤਿਵੇਂ) ਹੇ ਹਰੀ! ਨਾਨਕ (ਭੀ) ਤੇਰਾ ਨਾਮ ਮੰਗਦਾ ਹੈ, ਮਿਹਰ ਕਰ ਤੇ ਮਿਲਾਪ ਬਖ਼ਸ਼ ।੨।

ਪਉੜੀ ॥ ਜੇਵੇਹੇ ਕਰਮ ਕਮਾਵਦਾ ਤੇਵੇਹੇ ਫਲਤੇ ॥ ਚਬੇ ਤਤਾ ਲੋਹ ਸਾਰੁ ਵਿਚਿ ਸੰਘੈ ਪਲਤੇ ॥ {ਪੰਨਾ 317}

ਪਦਅਰਥ:- ਫਲਤੇ—ਫਲ ਦੇਂਦੇ ਹਨ । ਸਾਰੁ—ਕਰੜਾ । ਪਲਤੇ—ਚੁੱਭ ਜਾਂਦਾ ਹੈ ।

ਅਰਥ:- (ਅਕਿਰਤ-ਘਣ) ਮਨੁੱਖ ਜਿਹੋ ਜਿਹੇ ਕਰਮ ਕਰਦਾ ਹੈ, ਉਹ ਕਰਮ ਉਹੋ ਜਿਹਾ ਫਲ ਦੇਂਦਾ ਹੈ; ਜੇ ਕੋਈ ਤੱਤਾ ਤੇ ਕਰੜਾ ਲੋਹਾ ਚੱਬੇ ਤਾਂ ਉਹ ਸੰਘ ਵਿਚ ਹੀ ਚੁੱਭ ਜਾਂਦਾ ਹੈ ।

ਘਤਿ ਗਲਾਵਾਂ ਚਾਲਿਆ ਤਿਨਿ ਦੂਤਿ ਅਮਲ ਤੇ ॥ ਕਾਈ ਆਸ ਨ ਪੁੰਨੀਆ ਨਿਤ ਪਰ ਮਲੁ ਹਿਰਤੇ ॥ {ਪੰਨਾ 317}

ਪਦਅਰਥ:- ਘਤਿ—ਪਾ ਕੇ । ਗਲਾਵਾਂ—ਗਲ ਦਾ ਰੱਸਾ । ਤਿਨਿ ਦੂਤਿ—ਉਸ ਜਮਦੂਤ ਨੇ । ਚਾਲਿਆ—ਅੱਗੇ ਲਾ ਲਿਆ । ਪੁੰਨੀਆ—ਸਿਰੇ ਚੜ੍ਹੀ, ਪੂਰੀ ਹੋਈ । ਪਰ ਮਲੁ—ਪਰਾਈ ਮੈਲ । ਹਿਰਤੇ—ਚੁਰਾਂਦਿਆਂ ।

ਅਰਥ:- ਉਹ ਜਮਦੂਤ (ਉਹਨਾਂ ਖੋਟੇ) ਕਰਮਾਂ ਦੇ ਕਾਰਨ ਗਲ ਵਿਚ ਰੱਸਾ ਪਾ ਕੇ (ਭਾਵ, ਨਿਰਾਦਰੀ ਦਾ ਵਰਤਾਉ ਕਰ ਕੇ) ਅੱਗੇ ਲਾ ਲੈਂਦਾ ਹੈ । ਸਦਾ ਪਰਾਈ ਮੈਲ ਚੁਰਾਉਂਦੇ ਦੀ (ਭਾਵ, ਨਿੰਦਾ ਕਰ ਕੇ ਸਦਾ ਪਰਾਏ ਪਾਪ ਸਿਰ ਤੇ ਲੈਂਦੇ ਦੀ) ਕੋਈ ਆਸ ਭੀ ਪੂਰੀ ਨਹੀਂ ਹੁੰਦੀ (ਲੋਕ ਤੇ ਪਰਲੋਕ ਦੋਵੇਂ ਗ਼ਾਇਆ ਜਾਂਦੇ ਹਨ) ।

ਕੀਆ ਨ ਜਾਣੈ ਅਕਿਰਤਘਣ ਵਿਚਿ ਜੋਨੀ ਫਿਰਤੇ ॥ ਸਭੇ ਧਿਰਾਂ ਨਿਖੁਟੀਅਸੁ ਹਿਰਿ ਲਈਅਸੁ ਧਰ ਤੇ ॥ {ਪੰਨਾ 317}

ਅਰਥ:- ਜੂਨਾਂ ਵਿਚ ਭਟਕਦਾ ਭਟਕਦਾ ਉਹ ਅਕਿਰਤਘਣ ਪ੍ਰਭੂ ਦਾ ਉਪਕਾਰ ਨਹੀਂ ਸਮਝਦਾ (ਕਿ ਉਸ ਨੇ ਮਿਹਰ ਕਰ ਕੇ ਮਨੁੱਖਾ ਜਨਮ ਬਖ਼ਸ਼ਿਆ ਹੈ), (ਨਿੰਦਾ ਆਦਿਕ ਦੇ ਸਾਰੇ ਦਾਉ-ਪੇਚਾਂ ਦੇ) ਉਸ ਦੇ ਸਾਰੇ ਤਾਣ ਜਦੋਂ ਮੁੱਕ ਜਾਂਦੇ ਹਨ, ਤਾਂ (ਫਲ ਭੋਗਣ ਲਈ) ਪ੍ਰਭੂ ਉਸ ਨੂੰ ਧਰਤੀ ਤੋਂ ਚੁੱਕ ਲੈਂਦਾ ਹੈ ।

ਵਿਝਣ ਕਲਹ ਨ ਦੇਵਦਾ ਤਾਂ ਲਇਆ ਕਰਤੇ ॥ ਜੋ ਜੋ ਕਰਤੇ ਅਹੰਮੇਉ ਝੜਿ ਧਰਤੀ ਪੜਤੇ ॥੩੨॥ {ਪੰਨਾ 317}

ਅਰਥ:- ਜਦੋਂ (ਚਾਰੇ ਬੰਨੇ) ਝਗੜੇ ਨੂੰ (ਅਕਿਰਤਘਣ) ਮੁੱਕਣ ਨਹੀਂ ਦੇਂਦਾ (ਭਾਵ, ਅੱਤ ਕਰ ਦੇਂਦਾ ਹੈ) ਤਾਂ

ਕਰਤਾਰ (ਉਸ ਨੂੰ) ਉਠਾ ਲੈਂਦਾ ਹੈ । (ਮੁੱਕਦੀ ਗੱਲ ਇਹ ਕਿ) ਜੋ ਜੋ ਮਨੁੱਖ ਅਹੰਕਾਰ ਕਰਦੇ ਹਨ ਉਹ ਢਹਿ ਕੇ ਭੋਇਂ ਤੇ ਡਿੱਗਦੇ ਹਨ ।੩੨।

ਸਲੋਕ ਮਃ ੩ ॥ ਗੁਰਮੁਖਿ ਗਿਆਨੁ ਬਿਬੇਕ ਬੁਧਿ ਹੋਇ ॥ ਹਰਿ ਗੁਣ ਗਾਵੈ ਹਿਰਦੈ ਹਾਰੁ ਪਰੋਇ ॥ ਪਵਿਤੁ ਪਾਵਨੁ ਪਰਮ ਬੀਚਾਰੀ ॥ ਜਿ ਓਸੁ ਮਿਲੈ ਤਿਸੁ ਪਾਰਿ ਉਤਾਰੀ ॥ {ਪੰਨਾ 317}

ਪਦਅਰਥ:- ਬਿਬੇਕ—ਪਰਖ ।

ਅਰਥ:- ਜੋ ਮਨੁੱਖ ਸਤਿਗੁਰੂ ਦੇ ਸਨਮੁਖ ਰਹਿੰਦਾ ਹੈ, ਉਸ ਵਿਚ ਗਿਆਨ ਤੇ ਵਿਚਾਰ ਵਾਲੀ ਅਕਲਿ ਹੁੰਦੀ ਹੈ; ਉਹ ਹਰੀ ਦੇ ਗੁਣ ਗਾਉਂਦਾ ਹੈ ਤੇ ਹਿਰਦੇ ਵਿਚ (ਗੁਣਾਂ ਦਾ) ਹਾਰ ਪ੍ਰੋ ਲੈਂਦਾ ਹੈ, (ਆਚਰਨ ਦਾ) ਬੜਾ ਸੁੱਧ ਤੇ ਉੱਚੀ ਮਤਿ ਵਾਲਾ ਹੁੰਦਾ ਹੈ । ਜੋ ਮਨੁੱਖ ਉਸ ਦੀ ਸੰਗਤਿ ਕਰਦਾ ਹੈ ਉਸ ਨੂੰ ਭੀ ਉਹ (ਸੰਸਾਰ-ਸਾਗਰ ਤੋਂ) ਪਾਰ ਉਤਾਰ ਲੈਂਦਾ ਹੈ ।

ਅੰਤਰਿ ਹਰਿ ਨਾਮੁ ਬਾਸਨਾ ਸਮਾਣੀ ॥ ਹਰਿ ਦਰਿ ਸੋਭਾ ਮਹਾ ਉਤਮ ਬਾਣੀ ॥ ਜਿ ਪੁਰਖੁ ਸੁਣੈ ਸੁ ਹੋਇ ਨਿਹਾਲੁ ॥ ਨਾਨਕ ਸਤਿਗੁਰ ਮਿਲਿਐ ਪਾਇਆ ਨਾਮੁ ਧਨੁ ਮਾਲੁ ॥੧॥ {ਪੰਨਾ 317}

ਪਦਅਰਥ:- ਬਾਸਨਾ—ਸੁਗੰਧੀ ।

ਅਰਥ:- ਉਸ ਮਨੁੱਖ ਦੇ ਹਿਰਦੇ ਵਿਚ ਹਰੀ ਦੇ ਨਾਮ (ਰੂਪੀ) ਸੁਗੰਧੀ ਸਮਾਈ ਹੋਈ ਹੁੰਦੀ ਹੈ, (ਜਿਸ ਕਰਕੇ) ਉਸ ਦੀ ਬੜੀ ਉੱਤਮ ਬੋਲੀ ਤੇ ਹਰੀ ਦੀ ਦਰਗਾਹ ਵਿਚ ਸੋਭਾ ਹੁੰਦੀ ਹੈ; ਜੋ ਮਨੁੱਖ (ਉਸ ਬੋਲੀ ਨੂੰ) ਸੁਣਦਾ ਹੈ, ਉਹ ਪਰਸੰਨ ਹੁੰਦਾ ਹੈ । ਹੇ ਨਾਨਕ! ਸਤਿਗੁਰੂ ਨੂੰ ਮਿਲ ਕੇ ਉਸ ਨੇ ਇਹ ਨਾਮ (ਰੂਪ) ਖ਼ਜ਼ਾਨਾ ਪ੍ਰਾਪਤ ਕੀਤਾ ਹੋਇਆ ਹੁੰਦਾ ਹੈ ।੧।

ਮਃ ੪ ॥ ਸਤਿਗੁਰ ਕੇ ਜੀਅ ਕੀ ਸਾਰ ਨ ਜਾਪੈ ਕਿ ਪੂਰੈ ਸਤਿਗੁਰ ਭਾਵੈ ॥ ਗੁਰਸਿਖਾਂ ਅੰਦਰਿ ਸਤਿਗੁਰੂ ਵਰਤੈ ਜੋ ਸਿਖਾਂ ਨੋ ਲੋਚੈ ਸੋ ਗੁਰ ਖੁਸੀ ਆਵੈ ॥ ਸਤਿਗੁਰੁ ਆਖੈ ਸੁ ਕਾਰ ਕਮਾਵਨਿ ਸੁ ਜਪੁ ਕਮਾਵਹਿ ਗੁਰਸਿਖਾਂ ਕੀ ਘਾਲ ਸਚਾ ਥਾਇ ਪਾਵੈ ॥ {ਪੰਨਾ 317}

ਪਦਅਰਥ:- ਸਾਰ—ਭੇਤ । ਨ ਜਾਪੈ—ਸਮਝਿਆ ਨਹੀਂ ਜਾ ਸਕਦਾ । ਥਾਇ ਪਾਵੈ—ਕਬੂਲ ਕਰਦਾ ਹੈ ।

ਅਰਥ:- ਸਤਿਗੁਰੂ ਦੇ ਹਿਰਦੇ ਦਾ ਭੇਤ ਮਨੁੱਖ ਦੀ ਸਮਝ ਵਿਚ ਨਹੀਂ ਪੈ ਸਕਦਾ ਕਿ ਸਤਿਗੁਰੂ ਨੂੰ ਕੀਹ ਚੰਗਾ ਲੱਗਦਾ ਹੈ (ਸੋ ਇਸ ਤਰ੍ਹਾਂ ਸਤਿਗੁਰੂ ਦੀ ਪ੍ਰਸੰਨਤਾ ਹਾਸਲ ਕਰਨੀ ਕਠਨ ਹੈ); (ਪਰ ਹਾਂ) ਸਤਿਗੁਰੂ ਸੱਚੇ ਸਿੱਖਾਂ ਦੇ ਹਿਰਦੇ ਵਿਚ ਵਿਆਪਕ ਹੈ, ਜੋ ਮਨੁੱਖ ਉਹਨਾਂ ਦੀ (ਸੇਵਾ ਦੀ) ਤਾਂਘ ਕਰਦਾ ਹੈ ਉਹ ਸਤਿਗੁਰੂ ਪ੍ਰਸੰਨਤਾ ਦੇ (ਹਲਕੇ) ਵਿਚ ਆ ਜਾਂਦਾ ਹੈ, (ਕਿਉਂਕਿ) ਜੋ ਆਗਿਆ ਸਤਿਗੁਰੂ ਦੇਂਦਾ ਹੈ ਉਹੋ ਕੰਮ ਗੁਰਸਿੱਖ ਕਰਦੇ ਹਨ, ਉਹੋ ਭਜਨ ਕਰਦੇ ਹਨ, ਸੱਚਾ ਪ੍ਰਭੂ ਸਿੱਖਾਂ ਦੀ ਮਿਹਨਤ ਕਬੂਲ ਕਰਦਾ ਹੈ ।

ਵਿਣੁ ਸਤਿਗੁਰ ਕੇ ਹੁਕਮੈ ਜਿ ਗੁਰਸਿਖਾਂ ਪਾਸਹੁ ਕੰਮੁ ਕਰਾਇਆ ਲੋੜੇ ਤਿਸੁ ਗੁਰਸਿਖੁ ਫਿਰਿ ਨੇੜਿ ਨ ਆਵੈ ॥ ਗੁਰ ਸਤਿਗੁਰ ਅਗੈ ਕੋ ਜੀਉ ਲਾਇ ਘਾਲੈ ਤਿਸੁ ਅਗੈ ਗੁਰਸਿਖੁ ਕਾਰ ਕਮਾਵੈ ॥ ਜਿ ਠਗੀ ਆਵੈ ਠਗੀ ਉਠਿ ਜਾਇ ਤਿਸੁ ਨੇੜੈ ਗੁਰਸਿਖੁ ਮੂਲਿ ਨ ਆਵੈ ॥ {ਪੰਨਾ 317}

ਅਰਥ:- ਜੋ ਮਨੁੱਖ ਸਤਿਗੁਰੂ ਦੇ ਆਸ਼ੇ ਦੇ ਵਿਰੁੱਧ ਗੁਰਸਿੱਖਾਂ ਪਾਸੋਂ ਕੰਮ ਕਰਾਣਾ ਚਾਹੇ, ਗੁਰੂ ਦਾ ਸਿੱਖ ਫੇਰ ਉਸ ਦੇ ਨੇੜੇ ਨਹੀਂ ਢੁਕਦਾ, (ਪਰ) ਜੋ ਮਨੁੱਖ ਸਤਿਗੁਰੂ ਦੀ ਹਜ਼ੂਰੀ ਵਿਚ ਚਿੱਤ ਜੋੜ ਕੇ (ਸੇਵਾ ਦੀ ਘਾਲ) ਘਾਲੇ, ਗੁਰਸਿੱਖ ਉਸ ਦੀ ਕਾਰ ਕਮਾਉਂਦਾ ਹੈ । ਜੋ ਮਨੁੱਖ ਫ਼ਰੇਬ ਕਰਨ ਆਉਂਦਾ ਹੈ ਤੇ ਫ਼ਰੇਬ ਦੇ ਖ਼ਿਆਲ ਵਿਚ ਚਲਾ ਜਾਂਦਾ ਹੈ, ਉਸ ਦੇ ਨੇੜੇ ਗੁਰੂ ਕਾ ਸਿੱਖ ਉੱਕਾ ਹੀ ਨਹੀਂ ਆਉਂਦਾ ।

ਬ੍ਰਹਮੁ ਬੀਚਾਰੁ ਨਾਨਕੁ ਆਖਿ ਸੁਣਾਵੈ ॥ ਜਿ ਵਿਣੁ ਸਤਿਗੁਰ ਕੇ ਮਨੁ ਮੰਨੇ ਕੰਮੁ ਕਰਾਏ ਸੋ ਜੰਤੁ ਮਹਾ ਦੁਖੁ ਪਾਵੈ ॥੨॥ {ਪੰਨਾ 317}

ਪਦਅਰਥ:- ਬ੍ਰਹਮੁ ਬੀਚਾਰੁ—ਰੱਬੀ ਵਿਚਾਰ ।

ਅਰਥ:- ਨਾਨਕ ਆਖ ਕੇ ਸੁਣਾਂਦਾ ਹੈ (ਭਾਵ, ਜ਼ੋਰ ਦੇ ਕੇ ਸੁਣਾਂਦਾ ਹੈ ਕਿ) ਨਿਰੋਲ ਸੱਚੀ ਵਿਚਾਰ (ਦੀ ਗੱਲ ਇਹ ਹੈ ਕਿ) ਸਤਿਗੁਰੂ ਦਾ ਮਨ ਪਤੀਜਣ ਤੋਂ ਬਿਨਾ (ਭਾਵ, ਗੁਰ-ਅਸ਼ੇ ਦੇ ਵਿਰੁੱਧ) ਜੋ ਮਨੁੱਖ (ਠੱਗੀ ਆਦਿਕ ਕਰ ਕੇ ਗੁਰਸਿੱਖਾਂ ਪਾਸੋਂ) ਕੰਮ ਕਰਾਏ (ਭਾਵ, ਆਪਣੀ ਸੇਵਾ ਕਰਾਏ), ਉਹ ਬੜਾ ਦੁੱਖ ਪਾਉਂਦਾ ਹੈ ।੨।

ਪਉੜੀ ॥ ਤੂੰ ਸਚਾ ਸਾਹਿਬੁ ਅਤਿ ਵਡਾ ਤੁਹਿ ਜੇਵਡੁ ਤੂੰ ਵਡ ਵਡੇ ॥ ਜਿਸੁ ਤੂੰ ਮੇਲਹਿ ਸੋ ਤੁਧੁ ਮਿਲੈ ਤੂੰ ਆਪੇ ਬਖਸਿ ਲੈਹਿ ਲੇਖਾ ਛਡੇ ॥ {ਪੰਨਾ 317}

ਅਰਥ:- ਹੇ ਵੱਡਿਆਂ ਤੋਂ ਵੱਡੇ! ਤੂੰ ਸੱਚਾ ਮਾਲਕ ਤੇ ਬੜਾ ਵੱਡਾ ਹੈਂ, ਆਪਣੇ ਜੇਡਾ ਤੂੰ ਆਪ ਹੀ ਹੈਂ । ਓਹੀ ਮਨੁੱਖ ਤੈਨੂੰ ਮਿਲਦਾ ਹੈ, ਜਿਸ ਨੂੰ ਤੂੰ ਆਪ ਮੇਲਦਾ ਹੈਂ ਤੇ ਜਿਸ ਦਾ ਲੇਖਾ ਛੱਡ ਕੇ ਤੂੰ ਆਪ ਬਖ਼ਸ਼ ਲੈਂਦਾ ਹੈਂ ।

ਜਿਸ ਨੋ ਤੂੰ ਆਪਿ ਮਿਲਾਇਦਾ ਸੋ ਸਤਿਗੁਰੁ ਸੇਵੇ ਮਨੁ ਗਡ ਗਡੇ ॥ ਤੂੰ ਸਚਾ ਸਾਹਿਬੁ ਸਚੁ ਤੂ ਸਭੁ ਜੀਉ ਪਿੰਡੁ ਚੰਮੁ ਤੇਰਾ ਹਡੇ ॥ {ਪੰਨਾ 317}

ਅਰਥ:- ਜਿਸ ਨੂੰ ਤੂੰ ਆਪ ਮਿਲਾਉਂਦਾ ਹੈਂ ਉਹੋ ਹੀ ਮਨ ਗੱਡ ਕੇ ਸਤਿਗੁਰੂ ਦੀ ਸੇਵਾ ਕਰਦਾ ਹੈ । ਤੂੰ ਸੱਚਾ ਮਾਲਕ ਹੈਂ, ਸਦਾ-ਥਿਰ ਰਹਿਣ ਵਾਲਾ ਹੈਂ, ਜੀਵਾਂ ਦਾ ਸਭ ਕੁਝ—ਜਿੰਦ, ਸਰੀਰ, ਚੰਮ, ਹੱਡ—ਤੇਰਾ ਬਖ਼ਸ਼ਿਆ ਹੋਇਆ ਹੈ ।

ਜਿਉ ਭਾਵੈ ਤਿਉ ਰਖੁ ਤੂੰ ਸਚਿਆ ਨਾਨਕ ਮਨਿ ਆਸ ਤੇਰੀ ਵਡ ਵਡੇ ॥੩੩॥੧॥ ਸੁਧੁ ॥ {ਪੰਨਾ 318}

ਅਰਥ:- ਹੇ ਵੱਡਿਆਂ ਤੋਂ ਵੱਡੇ, ਸੱਚੇ ਪ੍ਰਭੂ! ਜਿਵੇਂ ਤੈਨੂੰ ਭਾਵੇ ਤਿਵੇਂ ਹੀ ਸਾਨੂੰ ਰੱਖ ਲੈ, ਨਾਨਕ ਦੇ ਮਨ ਵਿਚ ਤੇਰੀ ਹੀ ਆਸ ਹੈ ।੩੩।੧।ਸੁਧ।

ਬਣਤ

ਇਹ ਵਾਰ ਗੁਰੂ ਰਾਮਦਾਸ ਜੀ ਦੀ ਉਚਾਰੀ ਹੋਈ ਹੈ । ਇਸ ਵਿਚ ਕੁੱਲ ੩੩ ਪਉੜੀਆਂ ਹਨ, ਪਹਿਲੀਆਂ ੨੬ ਪਉੜੀਆਂ ਗੁਰੂ ਰਾਮਦਾਸ ਜੀ ਦੀਆਂ ਹਨ, ਨੰ: ੨੭ ਤੋਂ ਲੈ ਕੇ ਨੰ: ੩੧ ਤਕ ਪੰਜ ਪਉੜੀਆਂ ਗੁਰੂ ਅਰਜਨ ਸਾਹਿਬ ਦੀਆਂ ਹਨ, ਅਖ਼ੀਰਲੀਆਂ ਦੋ ਪਉੜੀਆਂ ਫਿਰ ਗੁਰੂ ਰਾਮਦਾਸ ਜੀ ਦੀਆਂ । ਸੋ ੩੩ ਪਉੜੀਆਂ ਵਿਚੋਂ ੨੮ ਪਉੜੀਆਂ ਗੁਰੂ ਰਾਮਦਾਸ ਜੀ ਦੀਆਂ ਹਨ । ਪਹਿਲਾਂ ਪਹਿਲ ਇਹ ਵਾਰ ੨੮ ਪਉੜੀਆਂ ਦੀ ਹੀ ਸੀ, ਪਿਛੋਂ ਗੁਰੂ ਅਰਜਨ ਸਾਹਿਬ ਨੇ ਪਉੜੀ ਨੰ: ੨੬ ਦੇ ਨਾਲ ਆਪਣੀਆਂ ਪੰਜ ਪਉੜੀਆਂ ਹੋਰ ਰਲਾਈਆਂ ।

ਸਾਰੇ ਸਲੋਕਾਂ ਦੀ ਗਿਣਤੀ ੬੮ ਹੈ, ਪਉੜੀ ਨੰ: ੧੫ ਤੇ ੨੦ ਤੋਂ ਛੁਟ ਬਾਕੀ ਹਰੇਕ ਪਉੜੀ ਨਾਲ ਦੋ ਦੋ ਸ਼ਲੋਕ ਹਨ (ਜੋੜ—੬੨), ਇਹਨਾਂ ਦੋ ਪਉੜੀਆਂ ਨਾਲ ਤਿੰਨ ਤਿੰਨ ਸ਼ਲੋਕ ਹਨ ਤੇ ਕੁੱਲ ਜੋੜ ੬੮ ਹੈ ।

ਸ਼ਲੋਕਾਂ ਦਾ ਵੇਰਵਾ ਇਉਂ ਹੈਂ:

. . ਸ਼ਲੋਕ ਗੁਰੂ ਰਾਮਦਾਸ ਜੀ ਦੇ . . — ੫੩
. . ਸ਼ਲੋਕ ਗੁਰੂ ਅਰਜਨ ਸਾਹਿਬ ਦੇ — ੮
. . ਸ਼ਲੋਕ ਗੁਰੂ ਅਮਰਦਾਸ ਜੀ ਦੇ . — ੭
. . . . ———
. . . . ਜੋੜ — . . . ੬੮

ਜਦੋਂ ਇਹ 'ਵਾਰ' ਗੁਰੂ ਰਾਮਦਾਸ ਜੀ ਨੇ ਲਿਖੀ, ਤਦੋਂ ਇਹ ਨਿਰੀਆਂ ਪਉੜੀਆਂ ਹੀ ਸਨ । ਇਸ ਦੇ ਨਾਲ ਸ਼ਲੋਕ ਗੁਰੂ ਅਰਜਨ ਸਾਹਿਬ ਨੇ ਦਰਜ ਕੀਤੇ, ਭਾਵੇਂ ਉਹ ਸ਼ਲੋਕ ਜ਼ਿਆਦਾ-ਤਰ ਗੁਰੂ ਰਾਮਦਾਸ ਜੀ ਦੇ ਹੀ ਹਨ । ਜੇ ਗੁਰੂ ਰਾਮਦਾਸ ਜੀ ਆਪ ਹੀ ਪਉੜੀਆਂ ਦੇ ਨਾਲ ਸ਼ਲੋਕ ਭੀ ਲਿਖਦੇ ਤਾਂ ਕਵਿਤਾ ਦੇ ਦ੍ਰਿਸ਼ਟੀਕੋਣ ਤੋਂ ਕੋਈ ਖ਼ਾਸ ਇੱਕ-ਸਾਰ ਬਣਤਰ ਹੁੰਦੀ । ਇਹ ਨਹੀਂ ਸੀ ਹੋ ਸਕਦਾ ਕਿ ਕਿਸੇ ਪਉੜੀ ਦੇ ਨਾਲ ਸ਼ਲੋਕ ਲਿਖ ਦੇਂਦੇ ਤੇ ਕੋਈ ਖ਼ਾਲੀ ਰਹਿ ਜਾਂਦੀ । ਪਉੜੀ ਨੰ: ੩੨ ਦੇ ਨਾਲ ਦੋਵੇਂ ਸ਼ਲੋਕ ਗੁਰੂ ਅਰਜਨ ਸਾਹਿਬ ਦੇ ਹਨ, ਤੇ ਇਹ ਸ਼ਲੋਕ ਗੁਰੂ ਅਰਜਨ ਸਾਹਿਬ ਹੀ ਦਰਜ ਕਰ ਸਕਦੇ ਸਨ । ਇਹ ਨਹੀਂ ਹੋ ਸਕਦਾ ਸੀ ਕਿ ਗੁਰੂ ਰਾਮਦਾਸ ਜੀ ਆਪਣੀਆਂ ੨੮ ਪਉੜੀਆਂ ਵਿਚੋਂ ੨੭ ਪਉੜੀਆਂ ਦੇ ਨਾਲ ਤਾਂ ਆਪਣੇ ਜਾਂ ਗੁਰੂ ਅਮਰਦਾਸ ਜੀ ਦੇ ਸ਼ਲੋਕ ਦਰਜ ਕਰੀ ਜਾਂਦੇ ਤੇ ਆਪਣੀ ਪਉੜੀ ਨੰ: ੩੨ ਨੂੰ ਉੱਕਾ ਖ਼ਾਲੀ ਰਹਿਣ ਦੇਂਦੇ । ਫਿਰ, ਸ਼ਲੋਕਾਂ ਦਾ ਮਜ਼ਮੂਨ ਇਹ ਦੱਸਦਾ ਹੈ ਕਿ ਵੱਖੋ ਵੱਖ ਮੌਕਿਆਂ ਦੇ ਹਨ, ਵੱਖੋ ਵੱਖ ਸਮੇ ਤੇ ਉਚਾਰੇ ਗਏ ਹਨ ।

ਸੋ, ਇੱਕੋ ਹੀ ਨਤੀਜਾ ਨਿਕਲ ਸਕਦਾ ਹੈ ਕਿ 'ਵਾਰ' ਦੀਆਂ ਪਉੜੀਆਂ ਦੇ ਨਾਲ ਸ਼ਲੋਕ ਗੁਰੂ ਅਰਜਨ ਸਾਹਿਬ ਨੇ ਦਰਜ ਕੀਤੇ ਸਨ ।

ਗਉੜੀ ਕੀ ਵਾਰ ਮਹਲਾ ੫

ਭਾਵ

ਪਉੜੀ-ਵਾਰ

(੧) ਪਰਮਾਤਮਾ ਹਰ ਥਾਂ ਮੌਜੂਦ ਹੈ, ਹਰੇਕ ਜੀਵ ਵਿਚ ਸਮਾਇਆ ਹੋਇਆ ਹੈ, ਪਰ ਉਹੀ ਮਨੁੱਖ ਭਲਾ ਹੈ ਜੋ ਸਤਸੰਗ ਵਿਚ ਰਹਿ ਕੇ ਪ੍ਰਭੂ ਦੀ ਸ਼ਰਨ ਆਉਂਦਾ ਹੈ ਤੇ ਪ੍ਰਭੂ ਦੀ ਰਜ਼ਾ ਵਿਚ ਤੁਰਦਾ ਹੈ ।

(੨) ਸਤਸੰਗ ਵਿਚ ਪ੍ਰਭੂ ਦਾ ਨਾਮ-ਅੰਮ੍ਰਿਤ ਮਿਲਦਾ ਹੈ, ਪਰਮਾਤਮਾ ਆਪ ਸਹੈਤਾ ਕਰਦਾ ਹੈ ਤੇ ਕਾਮਾਦਿਕ ਵਿਕਾਰਾਂ ਤੋਂ ਮਨੁੱਖ ਬਚ ਜਾਂਦਾ ਹੈ ।

(੩) ਪਰਮਾਤਮਾ ਦਾ ਨਾਮ, ਮਾਨੋ, ਅੰਮ੍ਰਿਤ-ਰੂਪ ਖ਼ਜ਼ਾਨਾ ਹੈ, ਇਹ ਅੰਮ੍ਰਿਤ ਸਤ-ਸੰਗ ਵਿਚ ਹੀ ਮਿਲਦਾ ਹੈ, ਇਸ ਦੇ ਪੀਤਿਆਂ ਮਾਇਆ ਦੀ ਤ੍ਰਿਸ਼ਨਾ ਮਿਟ ਜਾਂਦੀ ਹੈ, ਕੋਈ ਭੁੱਖ ਨਹੀਂ ਰਹਿ ਜਾਂਦੀ ।

(੪) ਪਰਮਾਤਮਾ ਦਾ ਨਾਮ ਸਾਰੇ ਗੁਣਾਂ ਦੀ ਖਾਣ ਹੈ, ਮਨੁੱਖਾ ਜੀਵਨ ਦੇ ਸਫ਼ਰ ਵਿਚ, ਮਾਨੋ, ਰਾਹ ਦੀ ਖ਼ਰਚੀ ਹੈ, ਪਰ ਇਹ ਨਾਮ ਉਸ ਭਾਗਾਂ ਵਾਲੇ ਨੂੰ ਮਿਲਦਾ ਹੈ ਜੋ ਸਤਸੰਗ ਵਿਚ ਅੱਪੜਦਾ ਹੈ ।

(੫) ਮਨੁੱਖ ਤਾਂ ਕਿਤੇ ਰਹੇ, ਉਹ ਥਾਂ ਭੀ ਸੋਹਣਾ ਹੋ ਜਾਂਦਾ ਹੈ, ਜਿੱਥੇ ਸਤਸੰਗੀ ਮਿਲ ਕੇ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦੇ ਹਨ । ਭਗਤੀ ਨੂੰ ਪਿਆਰ ਕਰਨਾ ਪ੍ਰਭੂ ਦਾ ਮੁੱਢ-ਕਦੀਮਾਂ ਦਾ ਸੁਭਾਉ ਹੈ । ਜੋ ਨਾਮ ਸਿਮਰਦਾ

ਹੈ ਉਸ ਦੇ ਮਨ ਵਿਚੋਂ ਬੁਰਾਈ ਮਿਟ ਜਾਂਦੀ ਹੈ ।

(੬) ਪਰਮਾਤਮਾ ਦਾ ਨਾਮ ਇਕ ਐਸੀ ਰਾਸ-ਪੂੰਜੀ ਹੈ ਜੋ ਸਦਾ ਕਾਇਮ ਰਹਿਣ ਵਾਲੀ ਹੈ, ਜਿਸ ਮਨੁੱਖ-ਵਣਜਾਰੇ ਨੂੰ ਸਤਸੰਗ ਵਿਚ ਰਹਿ ਕੇ ਇਹ ਪੂੰਜੀ ਮਿਲਦੀ ਹੈ ਉਸ ਦਾ ਮਨ ਤਨ ਖਿੜਿਆ ਰਹਿੰਦਾ ਹੈ, ਉਸ ਦੇ ਵਿਕਾਰ ਨਾਸ ਹੋ ਜਾਂਦੇ ਹਨ, ਉਹੀ ਅਸਲ ਵਿਚ ਜੀਊਂਦਾ ਹੈ ।

(੭) ਜੋ ਪ੍ਰਭੂ ਸਭ ਜੀਵਾਂ ਨੂੰ ਪੈਦਾ ਕਰਨ ਵਾਲਾ ਤੇ ਸਭ ਵਿਚ ਮੌਜੂਦ ਹੈ ਉਹੀ ਸਾਰੇ ਸੁਖਾਂ ਦਾ ਖ਼ਜ਼ਾਨਾ ਹੈ, ਪਰ ਇਸ 'ਨਾਮ' ਦਾ ਆਨੰਦ ਉਹੀ ਮਨੁੱਖ ਮਾਣ ਸਕਦਾ ਹੈ ਜਿਸ ਨੂੰ ਸਤਿਗੁਰੂ ਤਰੁੱਠ ਕੇ ਇਹ ਦਾਤਿ ਦੇਂਦਾ ਹੈ ।

(੮) ਪ੍ਰਭੂ ਦਾ ਨਾਮ ਸਤਿਗੁਰੂ ਪਾਸੋਂ ਹੀ ਮਿਲ ਸਕਦਾ ਹੈ । ਜੋ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਨਿੱਤ ਸਤਸੰਗ ਕਰਦਾ ਹੈ ਤੇ ਨਾਮ ਸਿਮਰਦਾ ਹੈ, ਉਹ ਪ੍ਰਭੂ ਦੀ ਹਜ਼ੂਰੀ ਵਿਚ ਟਿਕਿਆ ਰਹਿੰਦਾ ਹੈ ।

(੯) ਸਭ ਜੀਵਾਂ ਨੂੰ ਸੁਖੀ ਕਰਨ ਵਾਲਾ ਹਰਿ ਨਾਮ-ਅੰਮ੍ਰਿਤ ਸਤਸੰਗ ਵਿਚ ਵੰਡੀਦਾ ਹੈ । ਜਿਉਂ ਜਿਉਂ ਗੁਰਮੁਖ ਸਤਸੰਗ ਵਿਚ ਸਿਫ਼ਤਿ-ਸਾਲਾਹ ਦੀ ਬਾਣੀ ਉਚਾਰਦੇ ਹਨ, ਓਥੇ ਮਾਨੋ, ਅੰਮ੍ਰਿਤ ਦੇ ਫੁਹਾਰੇ ਚੱਲ ਪੈਂਦੇ ਹਨ । ਸਤਸੰਗ ਵਿਚ ਹੀ ਅਸਲੀ ਜੀਵਨ ਪ੍ਰਾਪਤ ਹੁੰਦਾ ਹੈ, ਸਤਸੰਗੀ ਨੂੰ ਮੌਤ ਦਾ ਡਰ ਨਹੀਂ ਰਹਿੰਦਾ ।

(੧੦) ਨਾਮ ਜਪਣ ਵਾਲੇ ਗੁਰਮੁਖਾਂ ਦੀ ਸੰਗਤ ਵਿਚ ਰਹਿ ਕੇ ਮਨੁੱਖ ਪਰਮਾਤਮਾ ਦੇ ਗੁਣਾਂ ਦੀ ਮਾਲਾ ਮਨ ਵਿਚ ਪ੍ਰੋ ਲੈਂਦਾ ਹੈ, ਜਿਸ ਕਰਕੇ ਉਸ ਦੇ ਮਨ ਦੀ ਮੈਲ ਦੂਰ ਹੋ ਜਾਂਦੀ ਹੈ, ਉਹ ਵਿਕਾਰਾਂ ਤੋਂ ਬਚ ਜਾਂਦਾ ਹੈ ਤੇ ਉਸ ਨੂੰ ਜਮ ਕਾਲ ਦਾ ਡਰ ਨਹੀਂ ਪੋਂਹਦਾ ।

(੧੧) ਜੋ ਮਨੁੱਖ ਮਾਇਆ ਦੀ ਮਸਤੀ ਵਿਚ ਰਹਿ ਕੇ ਮੰਦੇ ਕੰਮ ਕਰਦੇ ਹਨ, ਉਹ ਏਥੇ ਦੁਖੀ ਰਹਿੰਦੇ ਹਨ, ਪ੍ਰਭੂ ਦਾ ਨਾਮ ਵਿਸਾਰਨ ਕਰਕੇ ਉਹਨਾਂ ਦੀ ਸਾਰੀ ਉਮਰ ਮੰਦੇ ਹਾਲ ਹੀ ਗੁਜ਼ਰਦੀ ਹੈ ਤੇ ਇਸ ਤੋਂ ਪਿੱਛੋਂ ਭੀ ਜਨਮ ਮਰਨ ਦੀ ਭਟਕਣਾ ਵਿਚ ਪੈ ਜਾਂਦੇ ਹਨ ।

(੧੨) ਦੁਨੀਆ ਵਾਲੇ ਸੁਆਦ ਆਖ਼ਰ ਕੌੜੇ ਲੱਗਣ ਲੱਗ ਪੈਂਦੇ ਹਨ, ਸੁਖਦਾਈ ਤੇ ਮਿੱਠਾ ਸਿਰਫ਼ ਹਰਿ-ਨਾਮ ਹੀ ਹੈ, ਪਰ ਇਹ ਮਿਲਦਾ ਉਸ ਭਾਗਾਂ ਵਾਲੇ ਨੂੰ ਹੀ ਹੈ ਜਿਸ ਉੱਤੇ ਪ੍ਰਭੂ ਆਪ ਮਿਹਰ ਕਰਦਾ ਹੈ ।

(੧੩) ਜੋ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਪਰਮੇਸਰ ਦਾ ਨਾਮ ਸਿਮਰਦਾ ਹੈ, ਉਸ ਨੂੰ ਮਾਇਆ ਦੇ ਸਾਰੇ ਸੁਆਦ ਫਿੱਕੇ ਪ੍ਰਤੀਤ ਹੁੰਦੇ ਹਨ ਤੇ ਉਸ ਦੇ ਸਾਰੇ ਪਾਪ ਨਾਸ ਹੋ ਜਾਂਦੇ ਹਨ ।

(੧੪) ਉਹੀ ਮਨੁੱਖ ਜਗਤ ਤੋਂ ਨਫ਼ਾ ਖੱਟ ਕੇ ਜਾਂਦੇ ਹਨ ਜਿਨ੍ਹਾਂ ਨੇ ਪਰਮਾਤਮਾ ਦਾ ਨਾਮ ਸਿਮਰਿਆ ਹੈ । ਪ੍ਰਭੂ ਆਪ ਉਹਨਾਂ ਨੂੰ ਮਾਇਆ ਦੇ ਮੋਹ ਤੋਂ ਬਚਾ ਲੈਂਦਾ ਹੈ ਤੇ ਉਹ ਇੱਕ ਕਰਤਾਰ ਦੀ ਆਸ ਰੱਖਦੇ ਹਨ ।

(੧੫) ਪਰਮਾਤਮਾ ਦਾ ਆਸਰਾ ਲੈ ਕੇ ਸਿਫ਼ਤਿ-ਸਾਲਾਹ ਕਰਨ ਵਾਲੇ ਬੰਦੇ ਵਿਕਾਰਾਂ ਤੋਂ ਬਚੇ ਰਹਿੰਦੇ ਹਨ ਤੇ ਪ੍ਰਭੂ-ਦਰ ਤੇ ਪਰਵਾਨ ਹਨ, ਅਜੇਹੇ ਗੁਰਮੁਖਾਂ ਦੇ ਚਰਨਾਂ ਦੀ ਧੂੜ ਲੱਖਾਂ ਕਰੋੜਾਂ ਪ੍ਰਯਾਗ ਆਦਿਕ ਤੀਰਥਾਂ ਨਾਲੋਂ ਵਧੀਕ ਪਵਿੱਤਰ ਹੈ ।

(੧੬) ਕਰਤਾਰ ਅਕਾਲ ਪੁਰਖ ਦਾ ਨਾਮ ਵਿਕਾਰਾਂ ਵਿਚ ਡਿੱਗਿਆਂ ਹੋਇਆਂ ਨੂੰ ਭੀ ਪਵਿੱਤ੍ਰ ਕਰਨ ਵਾਲਾ ਹੈ । ਜੋ ਮਨੁੱਖ ਨਾਮ ਸਿਮਰਦਾ ਹੈ, ਉਹ ਪਰਮਾਤਮਾ ਨੂੰ ਆਪਣੇ ਅੰਗ ਸੰਗ ਵੇਖ ਕੇ ਸਭ ਦੇ ਚਰਨਾਂ ਦੀ ਧੂੜ ਹੋ ਕੇ ਰਹਿੰਦਾ ਹੈ, ਕਿਸੇ ਦਾ ਦਿਲ ਨਹੀਂ ਦੁਖਾਂਦਾ ਤੇ ਆਖ਼ਰ ਇੱਜ਼ਤ ਨਾਲ ਪ੍ਰਭੂ ਦੀ ਹਜ਼ੂਰੀ ਵਿਚ ਅੱਪੜਦਾ ਹੈ ।

(੧੭) ਸਾਰੇ ਖ਼ਜ਼ਾਨਿਆਂ ਦੇ ਮਾਲਕ ਪਰਮਾਤਮਾ ਦੇ ਨਾਮ ਨੂੰ ਜੋ ਮਨੁੱਖ ਆਪਣੀ ਜ਼ਿੰਦਗੀ ਦਾ ਆਸਰਾ ਬਣਾ ਲੈਂਦੇ ਹਨ, ਉਹਨਾਂ ਦੇ ਮਨ ਦੀ ਸਾਰੀ ਮੈਲ ਧੁਪ ਜਾਂਦੀ ਹੈ, ਸਾਰੇ ਕਲੇਸ਼ ਨਾਸ ਹੋ ਜਾਂਦੇ ਹਨ, ਪਰ ਇਹ ਨਾਮ ਦੀ

ਦਾਤਿ ਪ੍ਰਭੂ ਦੀ ਮਿਹਰ ਨਾਲ ਸਤਿਗੁਰੂ ਦੀ ਰਾਹੀਂ ਹੀ ਮਿਲਦੀ ਹੈ ।

(੧੮) ਦੁਨੀਆ ਦਾ ਮੋਹ, ਮਾਨੋ, ਮਾਇਆ ਦਾ ਕਿਲ੍ਹਾ ਹੈ ਜਿਸ ਵਿਚ ਜੀਵ ਕੈਦ ਹੋ ਜਾਂਦੇ ਹਨ । ਜੋ ਮਨੁੱਖ 'ਨਾਮ' ਸਿਮਰਦਾ ਹੈ ਉਹ ਮਾਨੋ, ਅਠਾਹਠ ਤੀਰਥਾਂ ਦਾ ਇਸ਼ਨਾਨੀ ਹੋ ਕੇ ਇਸ ਕਿਲ੍ਹੇ ਨੂੰ ਜਿੱਤ ਲੈਂਦਾ ਹੈ । ਪ੍ਰਭੂ ਉਸ ਨੂੰ ਵਿਕਾਰਾਂ ਤੋਂ ਬਚਾ ਲੈਂਦਾ ਹੈ ।

(੧੯) ਜੋ ਪ੍ਰਭੂ ਸਭ ਕੁਝ ਕਰਨ ਦੇ ਸਮਰੱਥ ਹੈ, ਸਭ ਜੀਵਾਂ ਦਾ ਆਸਰਾ ਹੈ ਤੇ ਸਭ ਨੂੰ ਪਾਲਦਾ ਹੈ, ਉਸ ਬਖ਼ਸ਼ਣਹਾਰ ਨੂੰ ਸਿਮਰ ਕੇ ਜੀਵ ਵਿਕਾਰਾਂ ਤੋਂ ਬਚ ਕੇ ਸੰਸਾਰ-ਸਮੁੰਦਰ ਤੋਂ ਆਪਣੀ ਜ਼ਿੰਦਗੀ ਦੀ ਬੇੜੀ ਸਹੀ-ਸਲਾਮਤਿ ਪਾਰ ਲੰਘਾਂਦੇ ਹਨ ।

(੨੦) ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨ ਵਾਲੇ ਬੰਦੇ ਨੂੰ 'ਨਾਮ' ਹੀ ਪੁਸ਼ਾਕੇ ਤੇ ਸੁੰਦਰ ਭੋਜਨ ਹੈ; 'ਨਾਮ' ਹੀ ਹਾਥੀ ਘੋੜੇ ਹੈ, 'ਨਾਮ' ਹੀ ਰਾਜ-ਮਿਲਖ ਹੈ । ਉਸ ਦੇ ਅੰਦਰ ਇਕ 'ਨਾਮ' ਦੀ ਹੀ ਲਗਨ ਰਹਿੰਦੀ ਹੈ, ਉਹ ਸਦਾ ਪ੍ਰਭੂ ਦੇ ਦਰ ਤੇ ਹੀ ਟਿਕਿਆ ਰਹਿੰਦਾ ਹੈ ।

ਸਮੁੱਚਾ ਭਾਵ

(੧ ਤੋਂ ੧੧ ਤਕ)—ਇਹ ਠੀਕ ਹੈ ਕਿ ਪਰਮਾਤਮਾ ਹਰੇਕ ਜੀਵ ਵਿਚ ਮੌਜੂਦ ਹੈ, ਪਰ ਫਿਰ ਭੀ ਸਿਰਫ਼ ਓਹੀ ਮਨੁੱਖ ਭਲਾ ਰਹਿ ਸਕਦਾ ਹੈ ਜੋ ਸਾਧ ਸੰਗਤਿ ਦਾ ਆਸਰਾ ਲੈਂਦਾ ਹੈ । ਸਤਸੰਗ ਵਿਚ ਹੀ ਗੁਰੂ ਦੇ ਦੱਸੇ ਹੋਏ ਰਾਹ ਤੇ ਤੁਰ ਕੇ ਨਾਮ ਸਿਮਰਨ ਦਾ ਸੁਭਾਉ ਬਣ ਸਕਦਾ ਹੈ, 'ਨਾਮ' ਹੀ ਜੀਵਨ-ਸਫ਼ਰ ਦੀ ਖ਼ਰਚੀ ਹੈ, ਇਸ 'ਨਾਮ' ਦੀ ਬਰਕਤਿ ਨਾਲ ਹੀ ਮਾਇਆ ਦੀ ਤ੍ਰਿਸ਼ਨਾ, ਬੁਰਾਈ, ਕਾਮਾਦਿਕ ਵਿਕਾਰ ਮਨ ਵਿਚੋਂ ਦੂਰ ਹੁੰਦੇ ਹਨ, ਮੌਤ ਦਾ ਡਰ ਨਹੀਂ ਪੋਂਹਦਾ, ਤਨ ਮਨ ਸਦਾ ਖਿੜਿਆ ਰਹਿੰਦਾ ਹੈ ਤੇ ਮਨੁੱਖ ਪ੍ਰਭੂ ਦੀ ਹਜ਼ੂਰੀ ਵਿਚ ਟਿਕਿਆ ਰਹਿੰਦਾ ਹੈ ।

(੧੨ ਤੋਂ ੧੫ ਤਕ)—ਜੇ ਪ੍ਰਭੂ ਦਾ ਨਾਮ ਵਿੱਸਰ ਜਾਏ ਤਾਂ ਮਾਇਆ ਜੀਵ ਤੇ ਦਬਾ ਪਾ ਲੈਂਦੀ ਹੈ, ਸਾਰੀ ਉਮਰ ਵਿਕਾਰਾਂ ਵਿਚ ਮੰਦੇ ਹਾਲ ਗੁਜ਼ਰਦੀ ਹੈ, ਜਦੋਂ ਮਨੁੱਖ ਨਾਮ-ਰਸ ਹਾਸਲ ਕਰਦਾ ਹੈ ਤਦੋਂ ਹੀ ਸਮਝ ਪੈਂਦੀ ਹੈ ਕਿ ਮਾਇਆ ਦੇ ਸੁਆਦ ਫਿੱਕੇ ਤੇ ਕੌੜੇ ਦੁਖਦਾਈ ਹਨ ।

(੧੬ ਤੋਂ ੨੧ ਤਕ)—ਨਾਮ ਸਿਮਰਨ ਵਾਲੇ ਬੰਦਿਆਂ ਦੇ ਪੈਰਾਂ ਦੀ ਖਾਕ ਲੱਖਾਂ ਕਰੋੜਾਂ ਤੀਰਥਾਂ ਨਾਲੋਂ ਵਧੀਕ ਪਵਿੱਤ੍ਰ ਹੈ, ਕਿਉਂਕਿ ਸਿਮਰਨ ਵਾਲੇ ਬੰਦੇ ਪ੍ਰਭੂ ਨੂੰ ਅੰਗ ਸੰਗ ਵੇਖ ਕੇ ਕਿਸੇ ਦਾ ਦਿਲ ਨਹੀਂ ਦੁਖਾਂਦੇ, ਸਭ ਨਾਲ ਪਿਆਰ ਤੇ ਨਿਮਰਤਾ ਦਾ ਵਰਤਾਓ ਕਰਦੇ ਹਨ, ਉਹਨਾਂ ਦਾ ਮਨ ਸ਼ੁੱਧ ਹੁੰਦਾ ਹੈ, ਨਾਮ ਸਿਮਰਨ ਵਾਲੇ, ਮਾਨੋ, ਅਠਾਹਠ ਤੀਰਥਾਂ ਦੇ ਇਸ਼ਨਾਨੀ ਹਨ, ਮਾਇਆ ਦਾ ਕਿਲ੍ਹਾ ਬੰਦਗੀ ਵਾਲੇ ਹੀ ਜਿੱਤਦੇ ਹਨ, ਸੰਸਾਰ-ਸਮੁੰਦਰ ਤੋਂ ਜ਼ਿੰਦਗੀ ਦੀ ਬੇੜੀ ਸਹੀ-ਸਲਾਮਤਿ ਪਾਰ ਲੰਘਾਂਦੇ ਹਨ, ਕਿਉਂਕਿ ਦੁਨੀਆ ਦੇ ਸਾਰੇ ਪਦਾਰਥਾਂ ਨਾਲੋਂ ਉਹਨਾਂ ਨੂੰ ਪ੍ਰਭੂ ਦਾ ਨਾਮ ਹੀ ਵਧੀਕ ਖਿੱਚ ਪਾਂਦਾ ਹੈ ।

ਮੁੱਖ ਭਾਵ

ਭਾਵੇਂ ਪਰਮਾਤਮਾ ਸਭ ਵਿਚ ਮੌਜੂਦ ਹੈ, ਪਰ ਪਵਿੱਤ੍ਰ ਜੀਵਨ ਉਸੇ ਮਨੁੱਖ ਦਾ ਹੀ ਹੋ ਸਕਦਾ ਹੈ ਜੋ ਸਤਸੰਗ ਵਿਚ ਰਹਿ ਕੇ ਗੁਰੂ ਦੇ ਦੱਸੇ ਰਸਤੇ ਤੇ ਤੁਰਦਾ ਹੈ ਤੇ ਪ੍ਰਭੂ ਦਾ ਨਾਮ ਸਿਮਰਦਾ ਹੈ, ਨਹੀਂ ਤਾਂ ਮਾਇਆ ਦਾ ਦਬਾ ਪੈਣ ਕਰਕੇ ਮਨੁੱਖ ਵਿਕਾਰਾਂ ਵਿਚ ਫਸ ਜਾਂਦਾ ਹੈ ਤੇ ਲੋਕ ਪਰਲੋਕ ਦੋਵੇਂ ਗਵਾ ਲੈਂਦਾ ਹੈ ।

'ਵਾਰ' ਦੀ ਬਣਤ

ਸਤਿਗੁਰੂ ਅਰਜਨ ਸਾਹਿਬ ਜੀ ਦੀ ਇਸ 'ਵਾਰ' ਵਿਚ ੨੧ ਪਉੜੀਆਂ ਅਤੇ ੪੨ ਸਲੋਕ ਹਨ, ਹਰੇਕ ਪਉੜੀ ਦੇ

ਨਾਲ ਦੋ ਦੋ । ਹਰੇਕ ਪਉੜੀ ਵਿਚ ਪੰਜ ਪੰਜ ਤੁਕਾਂ ਹਨ । ਪਉੜੀ ਨੰ: ੧, ੯, ੧੯ ਅਤੇ ੨੦ ਨੂੰ ਛੱਡ ਕੇ ਬਾਕੀ ਸਾਰੀਆਂ ਪਉੜੀਆਂ ਨਾਲ ਦੋ-ਤੁਕੇ ਸ਼ਲੋਕ ਹਨ, ਬੋਲੀ ਭੀ ਸਭ ਸ਼ਲੋਕਾਂ ਦੀ ਇਕੋ ਜਿਹੀ ਹੈ ।

ਸ਼ਲੋਕਾਂ ਦੀ ਸਾਵੀਂ ਗਿਣਤੀ ਹਰੇਕ ਪਉੜੀ ਨਾਲ ਇਕੋ ਜਿਹੀ ਦੋ-ਤੁਕੀ ਬਨਾਵਟ ਇਕ-ਸਮਾਨ ਮਜ਼ਮੂਨ, ਸਾਰੇ ਹੀ ਸਲੋਕ ਤੇ ਪਉੜੀਆਂ ਇਕੋ ਹੀ ਗੁਰ-ਵਿਅਕਤੀ ਦੀਆਂ—ਇਸ ਡੂੰਘੀ ਸਾਂਝ ਤੋਂ ਇਹ ਨਤੀਜਾ ਕਢਿਆ ਜਾ ਸਕਦਾ ਹੈ ਕਿ ਇਹ 'ਵਾਰ' ਤੇ ਇਸ ਦੇ ਨਾਲ ਵਰਤੇ ਹੋਏ 'ਸਲੋਕ' ਇਕੋ ਹੀ ਸਮੇ ਦੇ ਉਚਾਰੇ ਹੋਏ ਹਨ । ਬੋਲੀ ਅਤੇ ਬਨਾਵਟ ਦੇ ਖ਼ਿਆਲ ਤੋਂ ਇਹੀ ਗੁਣ 'ਗੂਜਰੀ ਕੀ ਵਾਰ ਮ: ੫' ਵਿਚ ਮਿਲਦੇ ਹਨ । ਇਸ 'ਵਾਰ' ਦੀ ਪਉੜੀ ਨੰ: ੧੨ ਨੂੰ 'ਗੂਜਰੀ ਕੀ ਵਾਰ' ਦੀ ਪਉੜੀ ਨੰ: ੨੦ ਦੇ ਸਾਹਮਣੇ ਰੱਖ ਕੇ ਪੜ੍ਹੋ, ਬਹੁਤ ਲਫ਼ਜ਼ਾਂ ਦੀ ਸਾਂਝ ਹੈ ।

(੧) ਨਿੰਦਕ ਮਾਰੇ ਤਤਕਾਲਿ ਖਿਨੁ ਟਿਕਣ ਨ ਦਿਤੇ ॥
. . ਪ੍ਰਭ ਦਾਸ ਕਾ ਦੁਖੁ ਨ ਖਵਿ ਸਕਹਿ ਫੜਿ ਜੋਨੀ ਜੁਤੇ ॥
. . ਮਥੇ ਵਾਲਿ ਪਛਾੜਿਅਨੁ ਜਮ ਮਾਰਗਿ ਮੁਤੇ ॥
. . ਦੁਖਿ ਲਗੇ ਬਿਲਲਾਣਿਆ ਨਰਕਿ ਘੋਰਿ ਸੁਤੇ ॥
. . ਕੰਠਿ ਲਾਇ ਦਾਸ ਰਖਿਅਨੁ ਨਾਨਕ ਹਰਿ ਸਤੇ ॥੨੦॥ {ਗੂਜਰੀ ਕੀ ਵਾਰ

(੨) ਧੋਹੁ ਨ ਚਲੀ ਖਸਮ ਨਾਲਿ ਲਬਿ ਮੋਹਿ ਵਿਗੁਤੇ ॥
. . ਕਰਤਬ ਕਰਨਿ ਭਲੇਰਿਆ ਮਦਿ ਮਾਇਆ ਸੁਤੇ ॥
. . ਫਿਰਿ ਫਿਰਿ ਜੂਨਿ ਭਵਾਈਅਨਿ ਜਮ ਮਾਰਗਿ ਮੁਤੇ ॥
. . ਕੀਤਾ ਪਾਇਨਿ ਆਪਣਾ ਦੁਖ ਸੇਤੀ ਜੁਤੇ ॥
. . ਨਾਨਕ ਨਾਇ ਵਿਸਾਰਿਐ ਸਭ ਮੰਦੀ ਰੁਤੇ ॥੧੨॥ {ਗਉੜੀ ਕੀ ਵਾਰ

ਦੋਹਾਂ 'ਵਾਰਾਂ' ਬਾਰੇ ਇਸ ਉਪਰ-ਲਿਖੀ ਵਿਚਾਰ ਤੋਂ ਸੁਤੇ ਹੀ ਇਹ ਅਨੁਮਾਨ ਲਾਇਆ ਜਾ ਸਕਦਾ ਹੈ ਕਿ ਗੁਰੂ ਅਰਜਨ ਸਾਹਿਬ ਨੇ ਇਹ ਦੋਵੇਂ 'ਵਾਰਾਂ' ਅੱਗੜ ਪਿੱਛੜ ਨੇੜੇ ਦੇ ਸਮੇ ਵਿਚ ਹੀ ਲਿਖੀਆਂ ਸਨ ।

ਗਉੜੀ ਕੀ ਵਾਰ ਮਹਲਾ ੫ ਰਾਇ ਕਮਾਲਦੀ ਮੋਜਦੀ ਕੀ ਵਾਰ ਕੀ ਧੁਨਿ ਉਪਰਿ ਗਾਵਣੀ

ਅਰਥ:- ਇਹ 'ਵਾਰ' ਰਾਇ ਕਮਾਲਦੀ ਮੋਜਦੀ ਦੀ 'ਵਾਰ' ਦੀ ਸੁਰ ਤੇ ਗਾਉਣੀ ਹੈ । ਬਾਰ ਵਿਚ ਇਕ ਚੌਧਰੀ ਕਮਾਲੁੱਦੀਨ ਰਹਿੰਦਾ ਸੀ, ਉਸ ਨੇ ਆਪਣੇ ਭਰਾ ਸਾਰੰਗ ਨੂੰ ਜ਼ਹਿਰ ਕੇ ਕੇ ਮਾਰ ਦਿੱਤਾ, ਸਾਰੰਗ ਦਾ ਇਕ ਪੁੱਤ੍ਰ ਸੀ ਜੋ ਅਜੇ ਛੋਟਾ ਹੀ ਸੀ, ਜਿਸ ਦਾ ਨਾਮ ਮੁਆਜ਼ੁੱਦੀਨ ਸੀ । ਸਾਰੰਗ ਦੀ ਵਹੁਟੀ ਆਪਣੇ ਇਸ ਪੁੱਤ੍ਰ ਨੂੰ ਲੈ ਕੇ ਪੇਕੇ ਚਲੀ ਗਈ, ਜਦੋਂ ਇਹ ਵੱਡਾ ਹੋਇਆ ਤਾਂ ਨਾਨਕੀ ਫ਼ੌਜ ਲੈ ਕੇ ਕਮਾਲੁੱਦੀਨ ਨਾਲ ਆ ਲੜਿਆ । ਕਮਾਲੁੱਦੀਨ ਮਾਰਿਆ ਗਿਆ । ਇਹ ਸਾਰੀ ਵਾਰਤਾ ਢਾਢੀਆਂ ਨੇ 'ਵਾਰ' ਵਿਚ ਗਾਵੀਂ । ਇਸ 'ਵਾਰ' ਦੀ ਚਾਲ ਦਾ ਨਮੂਨਾ ਇਉਂ ਹੈ:

'ਰਾਣਾ ਰਾਇ ਕਮਾਲ ਦੀਂ ਰਣ ਭਾਰਾ ਬਾਹੀਂ ॥ ਮੌਜੁੱਦੀਂ ਤਲਵੰਡੀਓਂ ਚੜ੍ਹਿਆ ਸਾਬਾਹੀ' ॥

ੴ ਸਤਿਗੁਰ ਪ੍ਰਸਾਦਿ ॥ ਸਲੋਕ ਮਃ ੫ ॥ ਹਰਿ ਹਰਿ ਨਾਮੁ ਜੋ ਜਨੁ ਜਪੈ ਸੋ ਆਇਆ ਪਰਵਾਣੁ ॥ ਤਿਸੁ ਜਨ ਕੈ ਬਲਿਹਾਰਣੈ ਜਿਨਿ ਭਜਿਆ ਪ੍ਰਭੁ ਨਿਰਬਾਣੁ ॥ ਜਨਮ ਮਰਨ ਦੁਖੁ ਕਟਿਆ ਹਰਿ ਭੇਟਿਆ ਪੁਰਖੁ ਸੁਜਾਣੁ ॥ ਸੰਤ ਸੰਗਿ ਸਾਗਰੁ ਤਰੇ ਜਨ ਨਾਨਕ ਸਚਾ ਤਾਣੁ ॥੧॥ {ਪੰਨਾ 318}

ਪਦਅਰਥ:- ਜਿਨਿ—ਜਿਸ (ਜਨ) ਨੇ । ਨਿਰਬਾਣੁ—ਵਾਸ਼ਨਾ-ਰਹਿਤ । ਪੁਰਖੁ—ਵਿਆਪਕ ਪ੍ਰਭੂ । ਸੁਜਾਣੁ—ਚੰਗੀ ਤਰ੍ਹਾਂ (ਹਰੇਕ ਦੇ ਦਿਲ ਦੀ) ਜਾਣਨ ਵਾਲਾ) । ਤਾਣੁ—ਆਸਰਾ, ਬਲ । ਜਨਮ ਮਰਨ ਦੁਖੁ—ਜਨਮ ਤੋਂ ਮਰਨ ਤਕ ਸਾਰੀ ਉਮਰ ਦਾ ਦੁੱਖ-ਕਲੇਸ਼ ।

ਅਰਥ:- ਜੋ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ ਉਸ ਦਾ (ਜਗਤ ਵਿਚ) ਆਉਣਾ ਸਫਲ (ਸਮਝੋ) । ਜਿਸ ਮਨੁੱਖ ਨੇ ਵਾਸ਼ਨਾ-ਰਹਿਤ ਪ੍ਰਭੂ ਨੂੰ ਸਿਮਰਿਆ ਹੈ, ਮੈਂ ਉਸ ਤੋਂ ਸਦਕੇ ਹਾਂ, ਉਸ ਨੂੰ ਸੁਜਾਨ ਅਕਾਲ ਪੁਰਖ ਮਿਲ ਪਿਆ ਹੈ, ਤੇ ਉਸ ਦਾ ਸਾਰੀ ਉਮਰ ਦਾ ਦੁੱਖ-ਕਲੇਸ਼ ਦੂਰ ਹੋ ਗਿਆ ਹੈ । ਹੇ ਦਾਸ ਨਾਨਕ! ਉਸ ਨੂੰ ਇਕ ਸੱਚੇ ਪ੍ਰਭੂ ਦਾ ਹੀ ਆਸਰਾ ਹੈ, ਉਸ ਨੇ ਸਤਸੰਗ ਵਿਚ ਰਹਿ ਕੇ ਸੰਸਾਰ-ਸਮੁੰਦਰ ਤਰ ਲਿਆ ਹੈ ।੧।

ਮਃ ੫ ॥ ਭਲਕੇ ਉਠਿ ਪਰਾਹੁਣਾ ਮੇਰੈ ਘਰਿ ਆਵਉ ॥ ਪਾਉ ਪਖਾਲਾ ਤਿਸ ਕੇ ਮਨਿ ਤਨਿ ਨਿਤ ਭਾਵਉ ॥ ਨਾਮੁ ਸੁਣੇ ਨਾਮੁ ਸੰਗ੍ਰਹੈ ਨਾਮੇ ਲਿਵ ਲਾਵਉ ॥ ਗ੍ਰਿਹੁ ਧਨੁ ਸਭੁ ਪਵਿਤ੍ਰੁ ਹੋਇ ਹਰਿ ਕੇ ਗੁਣ ਗਾਵਉ ॥ ਹਰਿ ਨਾਮ ਵਾਪਾਰੀ ਨਾਨਕਾ ਵਡਭਾਗੀ ਪਾਵਉ ॥੨॥ {ਪੰਨਾ 318}

ਪਦਅਰਥ:- ਪਰਾਹੁਣਾ—ਸੰਤ ਪਰਾਹੁਣਾ । ਮੇਰੈ ਘਰਿ—ਮੇਰੇ ਘਰ ਵਿਚ । ਆਵਉ—ਆਵੇ । ਪਖਾਲਾ—ਮੈਂ ਧੋਵਾਂ । ਤਿਸ ਕੇ—ਉਸ ਸੰਤ-ਪਰਾਹੁਣੇ ਦੇ । ਮਨਿ—ਮਨ ਵਿਚ । ਭਾਵਉ—ਭਾਵੇ, ਚੰਗਾ ਲੱਗੇ । ਸੰਗ੍ਰਹੈ—ਇਕੱਠਾ ਕਰੇ । ਨਾਮੇ—ਨਾਮ ਵਿਚ ਹੀ । ਲਾਵਉ—ਲਾਵੇ । ਗਾਵਉ—ਮੈਂ ਗਾਵਾਂ । ਪਾਵਉ—ਮੈਂ ਪਾਵਾਂ ।

ਅਰਥ:- ਜੇ ਸਵੇਰੇ ਉੱਠ ਕੇ ਕੋਈ (ਗੁਰਮੁਖ) ਪਰਾਹੁਣਾ ਮੇਰੇ ਘਰ ਆਵੇ, ਮੈਂ ਉਸ ਗੁਰਮੁਖ ਦੇ ਪੈਰ ਧੋਵਾਂ; ਮੇਰੇ ਮਨ ਵਿਚ ਮੇਰੇ ਤਨ ਵਿਚ ਉਹ ਸਦਾ ਪਿਆਰਾ ਲੱਗੇ । ਉਹ ਗੁਰਮੁਖ (ਨਿੱਤ) ਨਾਮ ਸੁਣੇ, ਨਾਮ-ਧਨ ਇਕੱਠਾ ਕਰੇ ਤੇ ਨਾਮ ਵਿਚ ਹੀ ਸੁਰਤਿ ਜੋੜੀ ਰੱਖੇ । (ਉਸ ਦੇ ਆਉਣ ਨਾਲ, ਮੇਰਾ) ਸਾਰਾ ਘਰ ਪਵਿੱਤ੍ਰ ਹੋ ਜਾਏ, ਮੈਂ ਭੀ (ਉਸ ਦੀ ਬਰਕਤਿ ਨਾਲ) ਪ੍ਰਭੂ ਦੇ ਗੁਣ ਗਾਣ ਲੱਗ ਪਵਾਂ । (ਪਰ,) ਹੇ ਨਾਨਕ! ਅਜੇਹਾ ਪ੍ਰਭੂ-ਨਾਮ ਦਾ ਵਪਾਰੀ ਵੱਡੇ ਭਾਗਾਂ ਨਾਲ ਹੀ ਕਿਤੇ ਮੈਨੂੰ ਮਿਲ ਸਕਦਾ ਹੈ ।੨।

ਪਉੜੀ ॥ ਜੋ ਤੁਧੁ ਭਾਵੈ ਸੋ ਭਲਾ ਸਚੁ ਤੇਰਾ ਭਾਣਾ ॥ ਤੂ ਸਭ ਮਹਿ ਏਕੁ ਵਰਤਦਾ ਸਭ ਮਾਹਿ ਸਮਾਣਾ ॥ ਥਾਨ ਥਨੰਤਰਿ ਰਵਿ ਰਹਿਆ ਜੀਅ ਅੰਦਰਿ ਜਾਣਾ ॥ ਸਾਧਸੰਗਿ ਮਿਲਿ ਪਾਈਐ ਮਨਿ ਸਚੇ ਭਾਣਾ ॥ ਨਾਨਕ ਪ੍ਰਭ ਸਰਣਾਗਤੀ ਸਦ ਸਦ ਕੁਰਬਾਣਾ ॥੧॥ {ਪੰਨਾ 318}

ਪਦਅਰਥ:- ਥਨੰਤਰਿ—ਥਾਨ ਅੰਤਰਿ । ਥਾਨ ਥਨੰਤਰਿ—ਥਾਨ ਥਾਨ ਅੰਤਰਿ, ਹਰੇਕ ਥਾਂ ਵਿਚ । ਮਨਿ—ਮੰਨਿ, ਮੰਨ ਕੇ । ਸਰਣਾਗਤੀ—ਸਰਣ ਆਓ । ਸਦ ਸਦ—ਸਦਾ ਹੀ ।

ਅਰਥ:- ਹੇ ਸਦਾ-ਥਿਰ ਰਹਿਣ ਵਾਲੇ ਪ੍ਰਭੂ! ਜੋ ਮਨੁੱਖ ਤੈਨੂੰ ਭਾਉਂਦਾ ਹੈ ਜਿਸ ਨੂੰ ਤੇਰਾ ਭਾਣਾ ਭਾਉਂਦਾ ਹੈ ਉਹ ਭਲਾ ਹੈ । ਤੂੰ ਹੀ ਸਭ ਜੀਵਾਂ ਵਿਚ ਵਿਆਪਕ ਹੈਂ, ਸਭ ਵਿਚ ਸਮਾਇਆ ਹੋਇਆ ਹੈਂ, ਤੂੰ ਹਰੇਕ ਥਾਂ ਵਿਚ ਮੌਜੂਦ ਹੈਂ, ਸਭ ਜੀਵਾਂ ਵਿਚ ਤੂੰ ਹੀ ਜਾਣਿਆ ਜਾਂਦਾ ਹੈਂ (ਭਾਵ, ਸਭ ਜਾਣਦੇ ਹਨ ਕਿ ਸਭ ਜੀਵਾਂ ਵਿਚ ਤੂੰ ਹੀ ਹੈਂ) ।

ਉਸ ਸਦਾ-ਥਿਰ ਰਹਿਣ ਵਾਲੇ ਦਾ ਭਾਣਾ ਮੰਨ ਕੇ ਸਤ-ਸੰਗ ਵਿਚ ਮਿਲ ਕੇ ਉਸ ਨੂੰ ਲੱਭ ਸਕੀਦਾ ਹੈ, ਹੇ ਨਾਨਕ! ਉਸ ਪ੍ਰਭੂ ਦੀ ਸ਼ਰਨ ਆ, ਉਸ ਤੋਂ ਸਦਾ ਹੀ ਸਦਕੇ ਹੋ ।੧।

ਸਲੋਕ ਮਃ ੫ ॥ ਚੇਤਾ ਈ ਤਾਂ ਚੇਤਿ ਸਾਹਿਬੁ ਸਚਾ ਸੋ ਧਣੀ ॥ ਨਾਨਕ ਸਤਿਗੁਰੁ ਸੇਵਿ ਚੜਿ ਬੋਹਿਥਿ ਭਉਜਲੁ ਪਾਰਿ ਪਉ ॥੧॥ {ਪੰਨਾ 318}

ਪਦਅਰਥ:- ਚੇਤਾ ਈ—ਜੇ ਤੈਨੂੰ ਯਾਦ ਹੈ । ਚੇਤਿ—ਸਿਮਰ । ਸਚਾ—ਸਦਾ-ਥਿਰ ਰਹਿਣ ਵਾਲਾ । ਧਣੀ—ਮਾਲਕ । ਬੋਹਿਥਿ—ਬੋਹਿਥ ਤੇ, ਜਹਾਜ਼ ਤੇ । ਪਾਰਿ ਪਉ—ਪਾਰ ਲੰਘ, ਤਰ ।

ਅਰਥ:- ਹੇ ਨਾਨਕ! ਜੇ ਤੈਨੂੰ ਚੇਤਾ ਹੈ ਕਿ ਉਹ ਪ੍ਰਭੂ-ਮਾਲਕ ਸਦਾ-ਥਿਰ ਰਹਿਣ ਵਾਲਾ ਹੈ ਤਾਂ ਉਸ ਮਾਲਕ ਨੂੰ ਸਿਮਰ (ਭਾਵ, ਤੈਨੂੰ ਪਤਾ ਭੀ ਹੈ ਕਿ ਸਿਰਫ਼ ਉਹ ਪ੍ਰਭੂ-ਮਾਲਕ ਹੀ ਸਦਾ-ਥਿਰ ਰਹਿਣ ਵਾਲਾ ਹੈ, ਫਿਰ ਉਸ ਨੂੰ ਕਿਉਂ ਨਹੀਂ ਸਿਮਰਦਾ?), ਗੁਰੂ ਦੇ ਹੁਕਮ ਵਿਚ ਤੁਰ (ਗੁਰੂ ਦੇ ਹੁਕਮ-ਰੂਪ) ਜਹਾਜ਼ ਵਿਚ ਚੜ੍ਹ ਤੇ ਸੰਸਾਰ-ਸਮੁੰਦਰ ਨੂੰ ਲੰਘ ।੧।

ਮਃ ੫ ॥ ਵਾਊ ਸੰਦੇ ਕਪੜੇ ਪਹਿਰਹਿ ਗਰਬਿ ਗਵਾਰ ॥ ਨਾਨਕ ਨਾਲਿ ਨ ਚਲਨੀ ਜਲਿ ਬਲਿ ਹੋਏ ਛਾਰੁ ॥੨॥ {ਪੰਨਾ 318}

ਪਦਅਰਥ:- ਸੰਦੇ—ਦੇ । ਵਾਊ ਸੰਦੇ—ਹਵਾ ਦੇ, ਹਵਾ ਵਰਗੇ ਬਾਰੀਕ, ਸੋਹਣੇ ਸੋਹਣੇ ਬਾਰੀਕ । ਪਹਿਰਹਿ—ਪਹਿਨਦੇ ਹਨ । ਗਰਬਿ—ਅਹੰਕਾਰ ਵਿਚ, ਆਕੜ ਨਾਲ । ਗਵਾਰ—ਮੂਰਖ ਮਨੁੱਖ । ਛਾਰੁ—ਸੁਆਹ ।

ਅਰਥ:- ਮੂਰਖ ਮਨੁੱਖ ਸੋਹਣੇ ਸੋਹਣੇ ਬਾਰੀਕ ਕੱਪੜੇ ਬੜੀ ਆਕੜ ਨਾਲ ਪਹਿਨਦੇ ਹਨ, ਪਰ ਹੇ ਨਾਨਕ! (ਮਰਨ ਤੇ ਇਹ ਕੱਪੜੇ ਜੀਵ ਦੇ) ਨਾਲ ਨਹੀਂ ਜਾਂਦੇ, (ਏਥੇ ਹੀ) ਸੜ ਕੇ ਸੁਆਹ ਹੋ ਜਾਂਦੇ ਹਨ ।੨।

ਪਉੜੀ ॥ ਸੇਈ ਉਬਰੇ ਜਗੈ ਵਿਚਿ ਜੋ ਸਚੈ ਰਖੇ ॥ ਮੁਹਿ ਡਿਠੈ ਤਿਨ ਕੈ ਜੀਵੀਐ ਹਰਿ ਅੰਮ੍ਰਿਤੁ ਚਖੇ ॥ ਕਾਮੁ ਕ੍ਰੋਧੁ ਲੋਭੁ ਮੋਹੁ ਸੰਗਿ ਸਾਧਾ ਭਖੇ ॥ ਕਰਿ ਕਿਰਪਾ ਪ੍ਰਭਿ ਆਪਣੀ ਹਰਿ ਆਪਿ ਪਰਖੇ ॥ ਨਾਨਕ ਚਲਤ ਨ ਜਾਪਨੀ ਕੋ ਸਕੈ ਨ ਲਖੇ ॥੨॥ {ਪੰਨਾ 318}

ਪਦਅਰਥ:- ਮੁਹਿ—{ਅਧਿਕਰਣ ਕਾਰਕ, ਇਕ-ਵਚਨ} । ਮੁਹਿ ਡਿਠੈ ਤਿਨ ਕੈ—{ਪੂਰਬ ਪੂਰਨ ਕਾਰਦੰਤਕ,} ਜੇ ਉਹਨਾਂ ਦਾ ਮੂੰਹ ਵੇਖ ਲਈਏ । ਭਖੇ—ਖਾਧੇ ਜਾਂਦੇ ਹਨ । ਪ੍ਰਭਿ—ਪ੍ਰਭੂ ਨੇ । ਪਰਖੇ—ਪਰਖ ਲਏ ਹਨ, ਪ੍ਰਵਾਨ ਕਰ ਲਏ ਹਨ । ਚਲਤ—ਕੌਤਕ, ਤਮਾਸ਼ੇ । ਨ ਜਾਪਨੀ—ਸਮਝੇ ਨਹੀਂ ਜਾ ਸਕਦੇ ।

ਅਰਥ:- (ਕਾਮਾਦਿਕ ਵਿਕਾਰਾਂ ਤੋਂ) ਜਗਤ ਵਿਚ ਉਹੀ ਮਨੁੱਖ ਬਚੇ ਹਨ ਜਿਨ੍ਹਾਂ ਨੂੰ ਸੱਚੇ ਪ੍ਰਭੂ ਨੇ ਰੱਖਿਆ ਹੈ, ਐਸੇ ਮਨੁੱਖਾਂ ਦਾ ਦਰਸ਼ਨ ਕਰ ਕੇ ਹਰਿ-ਨਾਮ ਅੰਮ੍ਰਿਤ ਚੱਖ ਸਕੀਦਾ ਹੈ ਤੇ (ਅਸਲ) ਜ਼ਿੰਦਗੀ ਮਿਲਦੀ ਹੈ । ਅਜੇਹੇ ਸਾਧੂ-ਜਨਾਂ ਦੀ ਸੰਗਤਿ ਵਿਚ (ਰਿਹਾਂ) ਕਾਮ ਕ੍ਰੋਧ ਲੋਭ ਮੋਹ (ਆਦਿਕ ਵਿਕਾਰ) ਨਾਸ ਹੋ ਜਾਂਦੇ ਹਨ । ਜਿਨ੍ਹਾਂ ਉਤੇ ਪ੍ਰਭੂ ਨੇ ਆਪਣੀ ਮਿਹਰ ਕੀਤੀ ਹੈ ਉਹਨਾਂ ਨੂੰ ਉਸ ਨੇ ਆਪ ਹੀ ਪ੍ਰਵਾਨ ਕਰ ਲਿਆ ਹੈ ।

ਹੇ ਨਾਨਕ! ਪਰਮਾਤਮਾ ਦੇ ਕੌਤਕ ਸਮਝੇ ਨਹੀਂ ਜਾ ਸਕਦੇ, ਕੋਈ ਜੀਵ ਸਮਝ ਨਹੀਂ ਸਕਦਾ ।

ਸਲੋਕ ਮਃ ੫ ॥ ਨਾਨਕ ਸੋਈ ਦਿਨਸੁ ਸੁਹਾਵੜਾ ਜਿਤੁ ਪ੍ਰਭੁ ਆਵੈ ਚਿਤਿ ॥ ਜਿਤੁ ਦਿਨਿ ਵਿਸਰੈ ਪਾਰਬ੍ਰਹਮੁ ਫਿਟੁ ਭਲੇਰੀ ਰੁਤਿ ॥੧॥ {ਪੰਨਾ 318}

ਪਦਅਰਥ:- ਜਿਤੁ—ਜਿਸ ਵਿਚ । ਚਿਤਿ—ਚਿਤ ਵਿਚ । ਜਿਤੁ ਦਿਨਿ—ਜਿਸ ਦਿਨ ਵਿਚ । {ਨੋਟ:- ਲਫ਼ਜ਼ 'ਜਿਤੁ' ਪੜਨਾਂਵ 'ਜਿਸੁ' ਤੋਂ ਅਧਿਕਰਣ ਕਾਰਕ, ਇਕ-ਵਚਨ ਹੈ} । ਭਲੇਰੀ—ਭਲੀ ਤੋਂ ਉਲਟ, ਮੰਦੀ

{ਨੋਟ:- ਸੰਸਕ੍ਰਿਤ ਵਿਚ ਇਕ ਲਫ਼ਜ਼ ਹੈ 'ਇਤਰ', ਇਸ ਦਾ ਅਰਥ ਹੈ 'ਹੋਰ', ਉਲਟ । ਜਿਸ 'ਵਿਸ਼ੇਸ਼ਣ' ਨਾਲ ਇਹ ਵਰਤਿਆ ਜਾਏ, ਉਸ ਸਾਰੇ ਲਫ਼ਜ਼ ਦਾ ਅਰਥ ਅਸਲ ਲਫ਼ਜ਼ ਦੇ 'ਉਲਟ' ਹੋ ਜਾਂਦਾ ਹੈ । 'ਇਤਰ' ਦਾ ਪ੍ਰਾਕ੍ਰਿਤ ਰੂਪ 'ਏਰ' ਜਾਂ 'ਇਰ' ਹੈ; ਭਲਾ+ਏਰਾ='ਭਲੇਰਾ'} । ਰੁਤਿ—ਸਮਾ ।

ਅਰਥ:- ਹੇ ਨਾਨਕ! ਉਹੀ ਦਿਨ ਚੰਗਾ ਸੋਹਣਾ ਹੈ ਜਿਸ ਦਿਨ ਪਰਮਾਤਮਾ ਮਨ ਵਿਚ ਵੱਸੇ, ਜਿਸ ਦਿਨ ਪਰਮਾਤਮਾ ਵਿੱਸਰ ਜਾਂਦਾ ਹੈ, ਉਹ ਸਮਾ ਮੰਦਾ ਜਾਣੋਂ, ਉਹ ਸਮਾ ਫਿਟਕਾਰ-ਜੋਗ ਹੈ ।੧।

ਮਃ ੫ ॥ ਨਾਨਕ ਮਿਤ੍ਰਾਈ ਤਿਸੁ ਸਿਉ ਸਭ ਕਿਛੁ ਜਿਸ ਕੈ ਹਾਥਿ ॥ ਕੁਮਿਤ੍ਰਾ ਸੇਈ ਕਾਂਢੀਅਹਿ ਇਕ ਵਿਖ ਨ ਚਲਹਿ ਸਾਥਿ ॥੨॥ {ਪੰਨਾ 318}

ਪਦਅਰਥ:- ਕੁਮਿਤ੍ਰਾ—ਕੋਝੇ ਮਿੱਤਰ, ਭੈੜੇ ਮਿੱਤਰ । ਕਾਂਢੀਅਹਿ—ਕਹੀਦੇ ਹਨ । ਵਿਖ—ਕਦਮ ।

ਅਰਥ:- ਹੇ ਨਾਨਕ! ਉਸ (ਪ੍ਰਭੂ) ਨਾਲ ਦੋਸਤੀ (ਪਾਣੀ ਚਾਹੀਦੀ ਹੈ) ਜਿਸ ਦੇ ਵੱਸ ਵਿਚ ਹਰੇਕ ਗੱਲ ਹੈ, ਪਰ ਜੋ ਇਕ ਕਦਮ ਭੀ (ਅਸਾਡੇ) ਨਾਲ ਨਹੀਂ ਜਾ ਸਕਦੇ ਉਹ ਕੁਮਿੱਤਰ ਕਹੇ ਜਾਂਦੇ ਹਨ (ਉਹਨਾਂ ਨਾਲ ਮੋਹ ਨਾ ਵਧਾਂਦੇ ਫਿਰੋ) ।੨।

ਪਉੜੀ ॥ ਅੰਮ੍ਰਿਤੁ ਨਾਮੁ ਨਿਧਾਨੁ ਹੈ ਮਿਲਿ ਪੀਵਹੁ ਭਾਈ ॥ ਜਿਸੁ ਸਿਮਰਤ ਸੁਖੁ ਪਾਈਐ ਸਭ ਤਿਖਾ ਬੁਝਾਈ ॥ ਕਰਿ ਸੇਵਾ ਪਾਰਬ੍ਰਹਮ ਗੁਰ ਭੁਖ ਰਹੈ ਨ ਕਾਈ ॥ ਸਗਲ ਮਨੋਰਥ ਪੁੰਨਿਆ ਅਮਰਾ ਪਦੁ ਪਾਈ ॥ ਤੁਧੁ ਜੇਵਡੁ ਤੂਹੈ ਪਾਰਬ੍ਰਹਮ ਨਾਨਕ ਸਰਣਾਈ ॥੩॥ {ਪੰਨਾ 318}

ਪਦਅਰਥ:- ਨਿਧਾਨੁ—ਖ਼ਜ਼ਾਨਾ । ਮਿਲਿ—ਮਿਲ ਕੇ । ਜਿਸੁ—ਜਿਸ ਨੂੰ । ਤਿਖਾ—ਤ੍ਰੇਹ, ਮਾਇਆ ਦੀ ਤੇਹ । ਕਾਈ—ਕੋਈ । ਪੁੰਨਿਆ—ਪੂਰੇ ਹੋ ਜਾਂਦੇ ਹਨ । ਅਮਰਾ ਪਦੁ—ਅਟੱਲ ਦਰਜਾ, ਉਹ ਉੱਚੀ ਅਵਸਥਾ ਜੋ ਕਦੇ ਨਾਸ ਨਹੀਂ ਹੁੰਦੀ । ਜੇਵਡੁ—ਜੇਡਾ, ਬਰਾਬਰ ਦਾ ।

ਅਰਥ:- ਹੇ ਭਾਈ! ਪਰਮਾਤਮਾ ਦਾ ਨਾਮ ਅੰਮ੍ਰਿਤ-(ਰੂਪ) ਖ਼ਜ਼ਾਨਾ ਹੈ, (ਇਸ ਅੰਮ੍ਰਿਤ ਨੂੰ ਸਤਿਸੰਗ ਵਿਚ) ਮਿਲ ਕੇ ਪੀਵੋ । ਉਸ ਨਾਮ ਨੂੰ ਸਿਮਰਿਆਂ ਸੁਖ ਮਿਲਦਾ ਹੈ, ਤੇ (ਮਾਇਆ ਦੀ) ਸਾਰੀ ਤ੍ਰਿਸ਼ਨਾ ਮਿਟ ਜਾਂਦੀ ਹੈ । (ਹੇ ਭਾਈ!) ਗੁਰੂ ਅਕਾਲ ਪੁਰਖ ਦੀ ਸੇਵਾ ਕਰ, (ਮਾਇਆ ਦੀ) ਕੋਈ ਭੁਖ ਨਹੀਂ ਰਹਿ ਜਾਏਗੀ । (ਨਾਮ ਸਿਮਰਿਆਂ) ਸਾਰੇ ਮਨੋਰਥ ਪੂਰੇ ਹੋ ਜਾਂਦੇ ਹਨ, ਉਹ ਉੱਚੀ ਆਤਮਕ ਅਵਸਥਾ ਮਿਲ ਜਾਂਦੀ ਹੈ ਜੋ ਕਦੇ ਨਾਸ ਨਹੀਂ ਹੁੰਦੀ । ਹੇ ਪਾਰਬ੍ਰਹਮ! ਤੇਰੇ ਬਰਾਬਰ ਦਾ ਤੂੰ ਆਪ ਹੀ ਹੈਂ । ਹੇ ਨਾਨਕ! ਉਸ ਪਾਰਬ੍ਰਹਮ ਦੀ ਸ਼ਰਨ ਪਉ ।੩।

ਸਲੋਕ ਮਃ ੫ ॥ ਡਿਠੜੋ ਹਭ ਠਾਇ ਊਣ ਨ ਕਾਈ ਜਾਇ ॥ ਨਾਨਕ ਲਧਾ ਤਿਨ ਸੁਆਉ ਜਿਨਾ ਸਤਿਗੁਰੁ ਭੇਟਿਆ ॥੧॥ {ਪੰਨਾ 318}

ਪਦਅਰਥ:- ਹਭ ਠਾਇ—ਸਾਰੀਆਂ ਥਾਵਾਂ ਵਿਚ । ਠਾਉ—ਥਾਂ । ਠਾਇ—ਥਾਂ ਵਿਚ । ਊਣ—ਖ਼ਾਲੀ । ਜਾਇ—ਥਾਂ । ਸੁਆਉ—ਜੀਵਨ ਦਾ ਮਨੋਰਥ ।

ਅਰਥ:- ਮੈਂ (ਪ੍ਰਭੂ ਨੂੰ) ਹਰ ਥਾਂ ਮੌਜੂਦ ਵੇਖਿਆ ਹੈ, ਕੋਈ ਭੀ ਥਾਂ (ਪ੍ਰਭੂ ਤੋਂ) ਖ਼ਾਲੀ ਨਹੀਂ ਹੈ (ਭਾਵ, ਹਰੇਕ ਜੀਵ ਵਿਚ ਪ੍ਰਭੂ ਹੈ) ਪਰ; ਹੇ ਨਾਨਕ! ਜੀਵਨ ਦਾ ਮਨੋਰਥ (ਭਾਵ, ਪ੍ਰਭੂ ਦਾ ਨਾਮ ਸਿਮਰਨ) ਉਹਨਾਂ ਮਨੁੱਖਾਂ ਨੇ

ਹੀ ਲੱਭਾ ਹੈ ਜਿਨ੍ਹਾਂ ਨੂੰ ਸਤਿਗੁਰੂ ਮਿਲਿਆ ਹੈ ।੧।

ਮਃ ੫ ॥ ਦਾਮਨੀ ਚਮਤਕਾਰ ਤਿਉ ਵਰਤਾਰਾ ਜਗ ਖੇ ॥ ਵਥੁ ਸੁਹਾਵੀ ਸਾਇ ਨਾਨਕ ਨਾਉ ਜਪੰਦੋ ਤਿਸੁ ਧਣੀ ॥੨॥ {ਪੰਨਾ 319}

ਪਦਅਰਥ:- ਦਾਮਨੀ—ਬਿਜਲੀ । ਖੇ—ਦਾ । ਵਥੁ—ਵਸਤ, ਚੀਜ਼ । ਧਣੀ—ਮਾਲਕ । ਤਿਸੁ ਧਣੀ ਨਾਉ—ਉਸ ਮਾਲਕ ਦਾ ਨਾਮ । ਚਮਤਕਾਰ—ਲਿਸ਼ਕ । ਸਾਇ—ਇਹੀ ।

ਅਰਥ:- ਜਗਤ ਦਾ ਵਰਤਾਰਾ ਉਸੇ ਤਰ੍ਹਾਂ ਦਾ ਹੈ (ਜਿਵੇਂ) ਬਿਜਲੀ ਦੀ ਲਿਸ਼ਕ (ਥੋੜੇ ਚਿਰ ਲਈ ਹੀ ਹੁੰਦੀ) ਹੈ । (ਇਸ ਲਈ) ਹੇ ਨਾਨਕ! ਉਸ ਮਾਲਕ ਦਾ ਨਾਮ ਜਪਣਾ—(ਅਸਲ ਵਿਚ) ਇਹੀ ਚੀਜ਼ ਸੋਹਣੀ (ਤੇ ਸਦਾ ਟਿਕੇ ਰਹਿਣ ਵਾਲੀ) ਹੈ ।੨।

ਪਉੜੀ ॥ ਸਿਮ੍ਰਿਤਿ ਸਾਸਤ੍ਰ ਸੋਧਿ ਸਭਿ ਕਿਨੈ ਕੀਮ ਨ ਜਾਣੀ ॥ ਜੋ ਜਨੁ ਭੇਟੈ ਸਾਧਸੰਗਿ ਸੋ ਹਰਿ ਰੰਗੁ ਮਾਣੀ ॥ ਸਚੁ ਨਾਮੁ ਕਰਤਾ ਪੁਰਖੁ ਏਹ ਰਤਨਾ ਖਾਣੀ ॥ ਮਸਤਕਿ ਹੋਵੈ ਲਿਖਿਆ ਹਰਿ ਸਿਮਰਿ ਪਰਾਣੀ ॥ ਤੋਸਾ ਦਿਚੈ ਸਚੁ ਨਾਮੁ ਨਾਨਕ ਮਿਹਮਾਣੀ ॥੪॥ {ਪੰਨਾ 319}

ਪਦਅਰਥ:- ਸੋਧਿ—ਸੋਧੇ, ਸੋਧੇ ਹਨ, ਚੰਗੀ ਤਰ੍ਹਾਂ ਵੇਖੇ ਹਨ । ਕੀਮ—ਕੀਮਤ, ਮੁੱਲ । ਰੰਗੁ—ਆਨੰਦ । ਖਾਣੀ—ਖਾਣ, ਭੰਡਾਰ । ਮਸਤਕਿ—ਮੱਥੇ ਤੇ । ਸਿਮਰਿ—ਸਿਮਰੇ, ਸਿਮਰਦਾ ਹੈ । ਪਰਾਣੀ—ਜੀਵ । ਤੋਸਾ—ਰਾਹ ਦਾ ਖ਼ਰਚ । ਦਿਚੈ—ਦੇਹ, ਦਿੱਤਾ ਜਾਏ । ਮਿਹਮਾਣੀ—ਖ਼ਾਤਰਦਾਰੀ ।

ਅਰਥ:- ਸਿਮ੍ਰਿਤੀਆਂ ਸ਼ਾਸਤ੍ਰ ਸਾਰੇ ਚੰਗੀ ਤਰ੍ਹਾਂ ਵੇਖੇ ਹਨ, ਕਿਸੇ ਨੇ ਕਰਤਾਰ ਦੀ ਕੀਮਤ ਨਹੀਂ ਪਾਈ, (ਕੋਈ ਨਹੀਂ ਦੱਸ ਸਕਦਾ ਕਿ ਪ੍ਰਭੂ ਕਿਸ ਮੁੱਲ ਤੋਂ ਮਿਲ ਸਕਦਾ ਹੈ) । (ਸਿਰਫ਼) ਉਹ ਮਨੁੱਖ ਪ੍ਰਭੂ (ਦੇ ਮਿਲਾਪ) ਦਾ ਆਨੰਦ ਮਾਣਦਾ ਹੈ ਜੋ ਸਤਸੰਗ ਵਿਚ ਜਾ ਮਿਲਦਾ ਹੈ । ਪ੍ਰਭੂ ਦਾ ਸੱਚਾ ਨਾਮ, ਕਰਤਾਰ ਅਕਾਲ ਪੁਰਖ—ਏਹੀ ਰਤਨਾਂ ਦੀ ਖਾਣ ਹੈ ('ਨਾਮ' ਸਿਮਰਨ ਵਿਚ ਹੀ ਸਾਰੇ ਗੁਣ ਹਨ), ਪਰ ਓਹੀ ਮਨੁੱਖ ਨਾਮ ਸਿਮਰਦਾ ਹੈ, ਜਿਸ ਦੇ ਮੱਥੇ ਤੇ ਭਾਗ ਹੋਣ । (ਹੇ ਪ੍ਰਭੂ!) ਨਾਨਕ ਦੀ ਖ਼ਾਤਰਦਾਰੀ ਏਹੀ ਹੈ ਕਿ ਆਪਣਾ ਸੱਚਾ ਨਾਮ (ਰਾਹ ਲਈ) ਖ਼ਰਚ ਦੇਹ ।੪।

ਸਲੋਕ ਮਃ ੫ ॥ ਅੰਤਰਿ ਚਿੰਤਾ ਨੈਣੀ ਸੁਖੀ ਮੂਲਿ ਨ ਉਤਰੈ ਭੁਖ ॥ ਨਾਨਕ ਸਚੇ ਨਾਮ ਬਿਨੁ ਕਿਸੈ ਨ ਲਥੋ ਦੁਖੁ ॥੧॥ {ਪੰਨਾ 319}

ਪਦਅਰਥ:- ਨੈਣੀ—(ਭਾਵ, ਵੇਖਣ ਨੂੰ), ਜ਼ਾਹਰਾ ਤੌਰ ਤੇ । ਮੂਲਿ ਨ—ਉੱਕਾ ਹੀ ਨਹੀਂ ।

ਅਰਥ:- ਜਿਸ ਮਨੁੱਖ ਦੇ ਮਨ ਵਿਚ ਚਿੰਤਾ ਹੈ ਉਸ ਦੀ ਮਾਇਆ ਦੀ ਭੁੱਖ ਬਿਲਕੁਲ ਨਹੀਂ ਮਿਟਦੀ; ਵੇਖਣ ਨੂੰ ਭਾਵੇਂ ਉਹ ਸੁਖੀ ਜਾਪਦਾ ਹੋਵੇ । ਹੇ ਨਾਨਕ! ਪਰਮਾਤਮਾ ਦੇ ਨਾਮ ਤੋਂ ਬਿਨਾ ਕਿਸੇ ਦਾ ਭੀ ਦੁੱਖ ਦੂਰ ਨਹੀਂ ਹੁੰਦਾ ।੧।

ਮਃ ੫ ॥ ਮੁਠੜੇ ਸੇਈ ਸਾਥ ਜਿਨੀ ਸਚੁ ਨ ਲਦਿਆ ॥ ਨਾਨਕ ਸੇ ਸਾਬਾਸਿ ਜਿਨੀ ਗੁਰ ਮਿਲਿ ਇਕੁ ਪਛਾਣਿਆ ॥੨॥ {ਪੰਨਾ 319}

ਪਦਅਰਥ:- ਸਾਥ—ਕਾਫ਼ਲੇ, ਵਪਾਰੀਆਂ ਦੇ ਟੋਲੇ । ਸਾਬਾਸਿ—ਧੰਨ । ਗੁਰ ਮਿਲਿ—ਗੁਰੂ ਨੂੰ ਮਿਲ ਕੇ ।

ਅਰਥ:- ਉਹਨਾਂ (ਜੀਵ-) ਵਪਾਰੀਆਂ ਦੇ ਟੋਲਿਆਂ ਦੇ ਟੋਲੇ ਲੁੱਟੇ ਗਏ (ਜਾਣੋ) ਜਿਨ੍ਹਾਂ ਨੇ ਪ੍ਰਭੂ ਦਾ ਨਾਮ ਰੂਪ ਸੌਦਾ ਨਹੀਂ ਲੱਦਿਆ, ਪਰ ਹੇ ਨਾਨਕ! ਸ਼ਾਬਾਸ਼ੇ ਉਹਨਾਂ ਨੂੰ ਜਿਨ੍ਹਾਂ ਨੇ ਸਤਿਗੁਰੂ ਨੂੰ ਮਿਲ ਕੇ ਇਕ ਪਰਮਾਤਮਾ ਨੂੰ ਪਛਾਣ ਲਿਆ ਹੈ ।੨।

ਪਉੜੀ ॥ ਜਿਥੈ ਬੈਸਨਿ ਸਾਧ ਜਨ ਸੋ ਥਾਨੁ ਸੁਹੰਦਾ ॥ ਓਇ ਸੇਵਨਿ ਸੰਮ੍ਰਿਥੁ ਆਪਣਾ ਬਿਨਸੈ ਸਭੁ ਮੰਦਾ ॥ ਪਤਿਤ ਉਧਾਰਣ ਪਾਰਬ੍ਰਹਮ ਸੰਤ ਬੇਦੁ ਕਹੰਦਾ ॥ ਭਗਤਿ ਵਛਲੁ ਤੇਰਾ ਬਿਰਦੁ ਹੈ ਜੁਗਿ ਜੁਗਿ ਵਰਤੰਦਾ ॥ ਨਾਨਕੁ ਜਾਚੈ ਏਕੁ ਨਾਮੁ ਮਨਿ ਤਨਿ ਭਾਵੰਦਾ ॥੫॥ {ਪੰਨਾ 319}

ਪਦਅਰਥ:- ਬੈਸਨਿ—ਬੈਠਦੇ ਹਨ । ਓਇ—ਉਹ ਗੁਰਮੁਖ ਬੰਦੇ । ਮੰਦਾ—ਮੰਦ, ਭੈੜ । ਪਾਰਬ੍ਰਹਮ—ਹੇ ਪਾਰਬ੍ਰਹਮ! ਭਗਤਿ ਵਛਲੁ—ਉਹ ਜਿਸ ਨੂੰ ਭਗਤੀ ਪਿਆਰੀ ਲੱਗਦੀ ਹੈ । ਬਿਰਦੁ—ਮੁੱਢ ਕਦੀਮਾਂ ਦਾ ਸੁਭਾਉ । ਜੁਗਿ ਜੁਗਿ—ਹਰੇਕ ਜੁਗ ਵਿਚ । ਜਾਚੈ—ਮੰਗਦਾ ਹੈ । ਮਨਿ—ਮਨ ਵਿਚ । ਭਾਵੰਦਾ—ਭਾਉਂਦਾ ਹੈ ।

ਅਰਥ:- ਜਿਸ ਥਾਂ ਤੇ ਗੁਰਮੁਖ ਮਨੁੱਖ ਬੈਠਦੇ ਹਨ ਉਹ ਥਾਂ ਸੋਹਣਾ ਹੋ ਜਾਂਦਾ ਹੈ, (ਕਿਉਂਕਿ) ਉਹ ਗੁਰਮੁਖ ਬੰਦੇ (ਓਥੇ ਬੈਠ ਕੇ) ਆਪਣੇ ਸਮਰੱਥ ਪ੍ਰਭੂ ਨੂੰ ਸਿਮਰਦੇ ਹਨ (ਜਿਸ ਕਰਕੇ ਉਹਨਾਂ ਦੇ ਮਨ ਵਿਚੋਂ) ਸਾਰੀ ਬੁਰਾਈ ਨਾਸ ਹੋ ਜਾਂਦੀ ਹੈ ।

ਹੇ ਪਾਰਬ੍ਰਹਮ! ਤੂੰ (ਵਿਕਾਰਾਂ ਵਿਚ) ਡਿੱਗਿਆਂ ਨੂੰ ਬਚਾਣ ਵਾਲਾ ਹੈਂ—ਇਹ ਗੱਲ ਸੰਤ ਜਨ ਭੀ ਆਖਦੇ ਹਨ ਤੇ ਬੇਦ ਭੀ ਆਖਦਾ ਹੈ, ਭਗਤਾਂ ਨੂੰ ਪਿਆਰ ਕਰਨਾ—ਇਹ ਤੇਰਾ ਮੁੱਢ ਕਦੀਮਾਂ ਦਾ ਸੁਭਾਉ ਹੈ, ਤੇਰਾ ਇਹ ਸੁਭਾਉ ਸਦਾ ਕਾਇਮ ਰਹਿੰਦਾ ਹੈ । ਨਾਨਕ ਤੇਰਾ ਨਾਮ ਹੀ ਮੰਗਦਾ ਹੈ (ਨਾਨਕ ਨੂੰ ਤੇਰਾ ਨਾਮ ਹੀ) ਮਨ ਤਨ ਵਿਚ ਪਿਆਰਾ ਲੱਗਦਾ ਹੈ ।੫।

ਸਲੋਕ ਮਃ ੫ ॥ ਚਿੜੀ ਚੁਹਕੀ ਪਹੁ ਫੁਟੀ ਵਗਨਿ ਬਹੁਤੁ ਤਰੰਗ ॥ ਅਚਰਜ ਰੂਪ ਸੰਤਨ ਰਚੇ ਨਾਨਕ ਨਾਮਹਿ ਰੰਗ ॥੧॥ {ਪੰਨਾ 319}

ਪਦਅਰਥ:- ਚੁਹਕੀ—ਬੋਲੀ । ਪਹ ਫੁਟੀ—ਪਹੁ-ਫੁਟਾਲਾ ਹੋਇਆ, ਅੰਮ੍ਰਿਤ ਵੇਲਾ ਹੋਇਆ । ਤਰੰਗ—ਲਹਿਰਾਂ, ਸਿਮਰਨ ਦੇ ਤਰੰਗ । ਨਾਮਹਿ—ਨਾਮ ਵਿਚ ।

ਅਰਥ:- ਜਦੋਂ ਪਹੁ-ਫੁਟਾਲਾ ਹੁੰਦਾ ਹੈ ਤੇ ਚਿੜੀ ਚੁਕਦੀ ਹੈ, ਉਸ ਵੇਲੇ (ਭਗਤ ਦੇ ਹਿਰਦੇ ਵਿਚ ਸਿਮਰਨ ਦੇ) ਤਰੰਗ ਬਹੁਤ ਉੱਠਦੇ ਹਨ, ਹੇ ਨਾਨਕ! ਜਿਨ੍ਹਾਂ ਗੁਰਮੁਖਾਂ ਦਾ ਪ੍ਰਭੂ ਦੇ ਨਾਮ ਵਿਚ ਪਿਆਰ ਹੁੰਦਾ ਹੈ ਉਹਨਾਂ ਨੇ (ਇਸ ਪਹੁ-ਫੁਟਾਲੇ ਦੇ ਸਮੇ) ਅਚਰਜ ਰੂਪ ਰਚੇ ਹੁੰਦੇ ਹਨ (ਭਾਵ, ਉਹ ਬੰਦੇ ਇਸ ਸਮੇ ਪ੍ਰਭੂ ਦੇ ਅਚਰਜ ਕੌਤਕ ਆਪਣੀਆਂ ਅੱਖਾਂ ਦੇ ਸਾਹਮਣੇ ਲਿਆਉਂਦੇ ਹਨ) ।੧।

ਮਃ ੫ ॥ ਘਰ ਮੰਦਰ ਖੁਸੀਆ ਤਹੀ ਜਹ ਤੂ ਆਵਹਿ ਚਿਤਿ ॥ ਦੁਨੀਆ ਕੀਆ ਵਡਿਆਈਆ ਨਾਨਕ ਸਭਿ ਕੁਮਿਤ ॥੨॥ {ਪੰਨਾ 319}

ਪਦਅਰਥ:- ਤਹੀ ਘਰ ਮੰਦਰ—ਉਹਨਾਂ ਘਰਾਂ ਮੰਦਰਾਂ ਵਿਚ । ਜਹ—ਜਿੱਥੇ । ਚਿਤਿ—ਚਿੱਤ ਵਿਚ । ਕੁਮਿਤ—ਖੋਟੇ ਮਿੱਤਰ ।

ਅਰਥ:– ਉਹਨਾਂ ਘਰਾਂ ਮੰਦਰਾਂ ਵਿਚ ਹੀ (ਅਸਲੀ) ਖ਼ੁਸ਼ੀਆਂ ਹਨ ਜਿੱਥੇ (ਹੇ ਪ੍ਰਭੂ!) ਤੂੰ ਯਾਦ ਆਉਂਦਾ ਹੈਂ । ਹੇ ਨਾਨਕ! (ਜੇ ਪ੍ਰਭੂ ਵਿੱਸਰੇ ਤਾਂ) ਦੁਨੀਆ ਦੀਆਂ ਸਾਰੀਆਂ ਵਡਿਆਈਆਂ ਸਾਰੇ ਖੋਟੇ ਮਿੱਤਰ ਹਨ ।੨।

ਪਉੜੀ ॥ ਹਰਿ ਧਨੁ ਸਚੀ ਰਾਸਿ ਹੈ ਕਿਨੈ ਵਿਰਲੈ ਜਾਤਾ ॥ ਤਿਸੈ ਪਰਾਪਤਿ ਭਾਇਰਹੁ ਜਿਸੁ ਦੇਇ ਬਿਧਾਤਾ ॥ ਮਨ ਤਨ ਭੀਤਰਿ ਮਉਲਿਆ ਹਰਿ ਰੰਗਿ ਜਨੁ ਰਾਤਾ ॥ ਸਾਧਸੰਗਿ ਗੁਣ ਗਾਇਆ ਸਭਿ ਦੋਖਹ ਖਾਤਾ ॥ ਨਾਨਕ ਸੋਈ ਜੀਵਿਆ ਜਿਨਿ ਇਕੁ ਪਛਾਤਾ ॥੬॥ {ਪੰਨਾ 319}

ਪਦਅਰਥ:– ਸਚੀ—ਸਦਾ ਕਾਇਮ ਰਹਿਣ ਵਾਲੀ । ਰਾਸਿ—ਪੂੰਜੀ । ਤਿਸੈ—ਤਿਸ ਹੀ, ਉਸੇ ਨੂੰ ਹੀ । ਭਾਇਰਹੁ—ਹੇ ਭਰਾਵੋ! ਬਿਧਾਤਾ—ਸਿਰਜਨਹਾਰ ਪ੍ਰਭੂ । ਭੀਤਰਿ—ਅੰਦਰ । ਮਉਲਿਆ—ਖਿੜਿਆ ਹੈ । ਰੰਗਿ—ਪਿਆਰ ਵਿਚ । ਦੋਖਹ—ਐਬਾਂ ਨੂੰ । ਜਿਨਿ—ਜਿਸ ਨੇ ।

ਅਰਥ:– ਹੇ ਭਰਾਵੋ! ਪਰਮਾਤਮਾ ਦਾ ਨਾਮ-ਰੂਪ ਧਨ ਸਦਾ ਕਾਇਮ ਰਹਿਣ ਵਾਲੀ ਪੂੰਜੀ ਹੈ, (ਪਰ) ਕਿਸੇ ਵਿਰਲੇ ਨੇ ਹੀ ਇਹ ਗੱਲ ਸਮਝੀ ਹੈ, (ਤੇ ਇਹ ਪੂੰਜੀ) ਉਸੇ ਨੂੰ ਹੀ ਮਿਲਦੀ ਹੈ ਜਿਸ ਨੂੰ ਕਰਤਾਰ (ਆਪ) ਦੇਂਦਾ ਹੈ । (ਜਿਸ ਭਾਗਾਂ ਵਾਲੇ ਨੂੰ ਇਹ ‘ਨਾਮ’-ਰਾਸਿ ਮਿਲਦੀ ਹੈ) ਉਹ ਮਨੁੱਖ ਪ੍ਰਭੂ ਦੇ ਰੰਗ ਵਿਚ ਰੰਗਿਆ ਜਾਂਦਾ ਹੈ, ਉਹ ਆਪਣੇ ਮਨ ਤਨ ਵਿਚ ਖਿੜ ਪੈਂਦਾ ਹੈ, (ਜਿਉਂ ਜਿਉਂ) ਸਤਸੰਗ ਵਿਚ ਉਹ ਪ੍ਰਭੂ ਦੇ ਗੁਣ ਗਾਉਂਦਾ ਹੈ (ਤਿਉਂ ਤਿਉਂ ਉਹ) ਸਾਰੇ ਵਿਕਾਰਾਂ ਨੂੰ ਮੁਕਾਂਦਾ ਜਾਂਦਾ ਹੈ ।

ਹੇ ਨਾਨਕ! ਉਹੀ ਮਨੁੱਖ (ਅਸਲ ਵਿਚ) ਜੀਉਂਦਾ ਹੈ ਜਿਸ ਨੇ ਇਕ ਪ੍ਰਭੂ ਨੂੰ ਪਛਾਣਿਆ ਹੈ ।੬।

ਸਲੋਕ ਮਃ ੫ ॥ ਖਖੜੀਆ ਸੁਹਾਵੀਆ ਲਗੜੀਆ ਅਕ ਕੰਠਿ ॥ ਬਿਰਹ ਵਿਛੋੜਾ ਧਣੀ ਸਿਉ ਨਾਨਕ ਸਹਸੈ ਗੰਠਿ ॥੧॥ {ਪੰਨਾ 319}

ਪਦਅਰਥ:– ਅਕ ਕੰਠਿ—ਅੱਕ ਦੇ ਗਲ ਨਾਲ । ਬਿਰਹ—ਵਿਜੋਗ । ਧਣੀ ਸਿਉ—ਮਾਲਕ ਨਾਲੋਂ । ਸਹਸੈ—ਹਜ਼ਾਰਾਂ ਹੀ । ਗੰਠਿ—ਗੰਢਾਂ, ਤੁੰਬੇ ।

ਅਰਥ:– (ਅੱਕ ਦੀਆਂ) ਕੱਕੜੀਆਂ (ਤਦ ਤਕ) ਮੋਹਣੀਆਂ ਹਨ (ਜਦ ਤਕ) ਅੱਕ ਦੇ ਗਲ (ਭਾਵ, ਟਹਿਣੀ ਨਾਲ) ਲੱਗੀਆਂ ਹੋਈਆਂ ਹਨ, ਪਰ, ਹੇ ਨਾਨਕ! ਮਾਲਕ (ਅੱਕ) ਨਾਲੋਂ ਜਦੋਂ ਵਿਜੋਗ ਵਿਛੋੜਾ ਹੋ ਜਾਂਦਾ ਹੈ ਤਾਂ ਉਹਨਾਂ ਦੇ ਹਜ਼ਾਰਾਂ ਤੁੰਬੇ ਹੋ ਜਾਂਦੇ ਹਨ ।੧।

ਨੋਟ:– ਜਿਵੇਂ ਅੱਕ ਦੀ ਡਾਲ ਨਾਲੋਂ ਟੁੱਟ ਕੇ ਅੱਕ ਦੀਆਂ ਕੱਕੜੀਆਂ ਤੁੰਬੇ ਤੁੰਬੇ ਹੋ ਕੇ ਉੱਡਣ ਲੱਗ ਪੈਂਦੀਆਂ ਹਨ, ਤਿਵੇਂ ਪ੍ਰਭੂ-ਚਰਨਾਂ ਤੋਂ ਟੁੱਟੇ ਹੋਏ ਮਨ ਨੂੰ ਸੈਂਕੜੇ ਚਿੰਤਾ ਫ਼ਿਕਰ ਭਟਕਾਉਂਦੇ ਫਿਰਦੇ ਹਨ ।

ਮਃ ੫ ॥ ਵਿਸਾਰੇਦੇ ਮਰਿ ਗਏ ਮਰਿ ਭਿ ਨ ਸਕਹਿ ਮੂਲਿ ॥ ਵੇਮੁਖ ਹੋਏ ਰਾਮ ਤੇ ਜਿਉ ਤਸਕਰ ਉਪਰਿ ਸੂਲਿ ॥੨॥ {ਪੰਨਾ 319}

ਪਦਅਰਥ:– ਵਿਸਾਰੇਦੇ—ਵਿਸਾਰਨ ਵਾਲੇ । ਮੂਲਿ—ਉੱਕਾ ਹੀ, ਚੰਗੀ ਤਰ੍ਹਾਂ, ਮੁਕੰਮਲ ਤੌਰ ਤੇ । ਤਸਕਰ—ਚੋਰ । ਸੂਲਿ—ਸੂਲੀ ।

ਅਰਥ:– ਪਰਮਾਤਮਾ ਨੂੰ ਵਿਸਾਰਨ ਵਾਲੇ ਬੰਦੇ ਮੋਏ ਹੋਏ (ਜਾਣੋ), ਪਰ ਉਹ ਚੰਗੀ ਤਰ੍ਹਾਂ ਮਰ ਭੀ ਨਹੀਂ ਸਕਦੇ । ਜਿਨ੍ਹਾਂ ਨੇ ਪ੍ਰਭੂ ਵਲੋਂ ਮੂੰਹ ਮੋੜਿਆ ਹੋਇਆ ਹੈ ਉਹ ਇਉਂ ਹਨ ਜਿਵੇਂ ਸੂਲੀ ਉਤੇ ਚਾੜ੍ਹੇ ਹੋਏ ਚੋਰ ਹਨ ।੨।

ਪਉੜੀ ॥ ਸੁਖ ਨਿਧਾਨੁ ਪ੍ਰਭੁ ਏਕੁ ਹੈ ਅਬਿਨਾਸੀ ਸੁਣਿਆ ॥ ਜਲਿ ਥਲਿ ਮਹੀਅਲਿ ਪੂਰਿਆ ਘਟਿ ਘਟਿ ਹਰਿ ਭਣਿਆ ॥ ਊਚ ਨੀਚ ਸਭ ਇਕ ਸਮਾਨਿ ਕੀਟ ਹਸਤੀ ਬਣਿਆ ॥ ਮੀਤ ਸਖਾ ਸੁਤ ਬੰਧਿਪੋ ਸਭਿ ਤਿਸ ਦੇ ਜਣਿਆ ॥ ਤੁਸਿ ਨਾਨਕੁ ਦੇਵੈ ਜਿਸੁ ਨਾਮੁ ਤਿਨਿ ਹਰਿ ਰੰਗੁ ਮਣਿਆ ॥੭॥ {ਪੰਨਾ 319}

ਪਦਅਰਥ:- ਸੁਖ ਨਿਧਾਨੁ—ਸੁਖਾਂ ਦਾ ਖ਼ਜ਼ਾਨਾ । ਜਲਿ—ਜਲ ਵਿਚ । ਥਲਿ—ਧਰਤੀ ਵਿਚ । ਮਹੀਅਲਿ—ਮਹੀ ਤਲਿ, ਧਰਤੀ ਦੇ ਤਲ ਉਤੇ, ਭਾਵ, ਧਰਤੀ ਦੇ ਉੱਪਰ । ਘਟਿ ਘਟਿ—ਹਰੇਕ ਘਟ ਵਿਚ । ਭਣਿਆ—ਕਿਹਾ ਜਾਂਦਾ ਹੈ । ਕੀਟ—ਕੀੜੇ । ਜਣਿਆ—ਜਣੇ ਹੋਏ, ਪੈਦਾ ਕੀਤੇ ਹੋਏ । ਤੁਸਿ—ਤ੍ਰੁੱਠ ਕੇ । ਨਾਨਕੁ ਦੇਵੈ—(ਗੁਰੂ) ਨਾਨਕ ਦੇਂਦਾ ਹੈ । {ਨੋਟ:- ਲਫ਼ਜ਼ 'ਨਾਨਕ' ਅਤੇ ਨਾਨਕੁ ਵਿਚ ਫ਼ਰਕ ਚੇਤੇ ਰੱਖਣ-ਜੋਗ ਹੈ । ਜੇ ਏਥੇ ਲਫ਼ਜ਼ 'ਨਾਨਕ' ਹੁੰਦਾ, ਤਾਂ ਇਸ ਤੁਕ ਦਾ ਅਰਥ ਇਉਂ ਹੁੰਦਾ—ਹੇ ਨਾਨਕ! (ਪ੍ਰਭੂ) ਤ੍ਰੁੱਠ ਕੇ ਜਿਸ ਨੂੰ ਨਾਮ ਦੇਂਦਾ ਹੈ ਉਸ ਨੇ ਹਰਿ-ਨਾਮ ਦਾ ਰੰਗ ਮਾਣਿਆ ਹੈ} ।

ਅਰਥ:- ਇਕ ਪਰਮਾਤਮਾ ਹੀ ਸੁਖਾਂ ਦਾ ਖ਼ਜ਼ਾਨਾ ਹੈ ਜੋ (ਪਰਮਾਤਮਾ) ਅਬਿਨਾਸ਼ੀ ਸੁਣੀਦਾ ਹੈ । ਪਾਣੀ ਵਿਚ, ਧਰਤੀ ਦੇ ਅੰਦਰ, ਧਰਤੀ ਦੇ ਉਤੇ (ਉਹ ਪ੍ਰਭੂ) ਮੌਜੂਦ ਹੈ, ਹਰੇਕ ਸਰੀਰ ਵਿਚ ਉਹ ਪ੍ਰਭੂ (ਵੱਸਦਾ) ਕਿਹਾ ਜਾਂਦਾ ਹੈ, ਉੱਚੇ ਨੀਵੇਂ ਸਾਰੇ ਜੀਵਾਂ ਵਿਚ ਇਕੋ ਜਿਹਾ ਵਰਤ ਰਿਹਾ ਹੈ । ਕੀੜੇ (ਤੋਂ ਲੈ ਕੇ) ਹਾਥੀ (ਤਕ, ਸਾਰੇ ਉਸ ਪ੍ਰਭੂ ਤੋਂ ਹੀ) ਬਣੇ ਹਨ । (ਸਾਰੇ) ਮਿੱਤਰ, ਸਾਥੀ, ਪੁੱਤਰ ਸਨਬੰਧੀ ਸਾਰੇ ਉਸ ਪ੍ਰਭੂ ਦੇ ਹੀ ਪੈਦਾ ਕੀਤੇ ਹੋਏ ਹਨ । ਜਿਸ ਜੀਵ ਨੂੰ (ਗੁਰੂ) ਨਾਨਕ ਤ੍ਰੁੱਠ ਕੇ 'ਨਾਮ' ਦੇਂਦਾ ਹੈ ਉਸ ਨੇ ਹੀ ਹਰਿ-ਨਾਮ ਦਾ ਰੰਗ ਮਾਣਿਆ ਹੈ ।੭।

ਸਲੋਕ ਮਃ ੫ ॥ ਜਿਨਾ ਸਾਸਿ ਗਿਰਾਸਿ ਨ ਵਿਸਰੈ ਹਰਿ ਨਾਮਾਂ ਮਨਿ ਮੰਤੁ ॥ ਧੰਨੁ ਸਿ ਸੇਈ ਨਾਨਕਾ ਪੂਰਨੁ ਸੋਈ ਸੰਤੁ ॥੧॥ {ਪੰਨਾ 319}

ਪਦਅਰਥ:- ਸਾਸਿ—ਸੁਆਸ ਨਾਲ । ਗਿਰਾਸਿ—ਗਰਾਹੀ ਨਾਲ, ਖਾਂਦਿਆਂ । ਮਨਿ—ਮਨ ਵਿਚ । ਮੰਤੁ—ਮੰਤਰ । ਧੰਨੁ—ਮੁਬਾਰਿਕ । ਸੋਈ—ਉਹੀ ਬੰਦਾ ।

ਅਰਥ:- ਜਿਨ੍ਹਾਂ ਮਨੁੱਖਾਂ ਨੂੰ ਸਾਹ ਲੈਂਦਿਆਂ ਤੇ ਖਾਂਦਿਆਂ ਕਦੇ ਰੱਬ ਨਹੀਂ ਭੁੱਲਦਾ, ਜਿਨ੍ਹਾਂ ਦੇ ਮਨ ਵਿਚ ਪਰਮਾਤਮਾ ਦਾ ਨਾਮ-ਰੂਪ ਮੰਤਰ (ਵੱਸ ਰਿਹਾ) ਹੈ; ਹੇ ਨਾਨਕ! ਉਹੀ ਬੰਦੇ ਮੁਬਾਰਿਕ ਹਨ, ਉਹੀ ਮਨੁੱਖ ਪੂਰਨ ਸੰਤ ਹੈ ।੨।

ਮਃ ੫ ॥ ਅਠੇ ਪਹਰ ਭਉਦਾ ਫਿਰੈ ਖਾਵਣ ਸੰਦੜੈ ਸੂਲਿ ॥ ਦੋਜਕਿ ਪਉਦਾ ਕਿਉ ਰਹੈ ਜਾ ਚਿਤਿ ਨ ਹੋਇ ਰਸੂਲਿ ॥੨॥ {ਪੰਨਾ 319}

ਪਦਅਰਥ:- ਅਠੇ ਪਹਰ—ਚਾਰ ਪਹਿਰ ਦਿਨ ਤੇ ਚਾਰ ਪਹਿਰ ਰਾਤ, ਦਿਨ ਰਾਤ । ਸੰਦੜੇ—ਦੇ । ਖਾਵਣ ਸੰਦੜੈ—ਖਾਣ ਦੇ । ਖਾਵਣ ਸੰਦੜੈ ਸੂਲਿ—ਖਾਣ ਦੇ ਦੁਖ ਵਿਚ {ਸੂਲਿ' ਅਧਿਕਰਣ-ਕਾਰਕ, ਇਕ-ਵਚਨ ਹੈ ਲਫ਼ਜ਼ 'ਸੂਲੁ' ਤੋਂ, ਇਸ ਲਈ 'ਸੰਦੜੇ' ਦੀ ਥਾਂ ਸੰਦੜੈ ਵਰਤਿਆ ਹੈ} । ਦੋਜਕਿ—ਦੋਜ਼ਕ ਵਿਚ । ਰਸੂਲਿ—ਪੈਗ਼ੰਬਰ ਦੀ 'ਰਾਹੀਂ, ਗੁਰੂ ਦੀ ਰਾਹੀਂ {ਨੋਟ:- ਕਿਸੇ ਮੁਸਲਮਾਨ ਨਾਲ ਗੱਲ ਹੋ ਰਹੀ ਹੈ ਇਸ ਲਈ 'ਗੁਰੂ' ਦੇ ਥਾਂ ਰਸੂਲ ਵਰਤਿਆ ਹੈ} ।

ਅਰਥ:– ਜੇ ਕੋਈ ਮਨੁੱਖ ਦਿਨ ਰਾਤ ਖਾਣ ਦੇ ਦੁੱਖ ਵਿਚ (ਢਿੱਡ ਦੇ ਝੁਲਕੇ ਲਈ ਹੀ) ਭਟਕਦਾ ਫਿਰੇ, ਤੇ ਉਸ ਦੇ ਚਿੱਤ ਵਿਚ ਗੁਰੂ-ਪੈਗ਼ੰਬਰ ਦੀ ਰਾਹੀਂ ਰੱਬ ਨਾਹ (ਯਾਦ) ਹੋਵੇ ਤਾਂ ਉਹ ਦੋਜ਼ਕ ਵਿਚ ਪੈਣੋਂ ਕਿਵੇਂ ਬਚ ਸਕਦਾ ਹੈ? ।੨।

ਪਉੜੀ ॥ ਤਿਸੈ ਸਰੇਵਹੁ ਪ੍ਰਾਣੀਹੋ ਜਿਸ ਦੈ ਨਾਉ ਪਲੈ ॥ ਐਥੈ ਰਹਹੁ ਸੁਹੇਲਿਆ ਅਗੈ ਨਾਲਿ ਚਲੈ ॥ ਘਰੁ ਬੰਧਹੁ ਸਚ ਧਰਮ ਕਾ ਗਡਿ ਥੰਮੁ ਅਹਲੈ ॥ ਓਟ ਲੈਹੁ ਨਾਰਾਇਣੈ ਦੀਨ ਦੁਨੀਆ ਝਲੈ ॥ ਨਾਨਕ ਪਕੜੇ ਚਰਣ ਹਰਿ ਤਿਸੁ ਦਰਗਹ ਮਲੈ ॥੮॥ {ਪੰਨਾ 320}

ਪਦਅਰਥ:– ਸਰੇਵਹੁ—ਸੇਵਹੁ । ਦੈ—(ਸਲੋਕ ਨੰ: ੨ ਵਿਚ ਵੇਖੋ ਲਫ਼ਜ਼ 'ਸੰਦੜੈ') । ਸੁਹੇਲਿਆ—ਸੁਖੀ । ਗਡਿ—ਗੱਡ ਕੇ । ਅਹਲੈ—ਨਾਹ ਹਿੱਲਣ ਵਾਲਾ । ਬੰਧਹੁ—ਬਣਾਓ । ਝਲੈ—ਝੱਲਦਾ ਹੈ, ਆਸਰਾ ਦੇਂਦਾ ਹੈ । ਤਿਸੁ—ਉਸ ਪ੍ਰਭੂ ਦੀ ।

ਅਰਥ:– ਉਸ (ਗੁਰੂ) ਨੂੰ, ਹੇ ਬੰਦਿਓ! ਸੇਵਹੁ ਜਿਸ ਦੇ ਪੱਲੇ ਪ੍ਰਭੂ ਦਾ ਨਾਮ ਹੈ (ਭਾਵ, ਜਿਸ ਤੋਂ ਨਾਮ ਮਿਲ ਸਕਦਾ ਹੈ) । (ਇਸ ਤਰ੍ਹਾਂ) ਇਥੇ ਸੁਖੀ ਰਹੋਗੇ ਤੇ ਪਰਲੋਕ ਵਿਚ (ਇਹ ਨਾਮ) ਤੁਹਾਡੇ ਨਾਲ ਜਾਏਗਾ । (ਇਹ ਨਾਮ ਰੂਪ) ਪੱਕਾ ਥੰਮ੍ਹ ਗੱਡ ਕੇ ਸਦਾ ਕਾਇਮ ਰਹਿਣ ਵਾਲੇ ਧਰਮ ਦਾ ਮੰਦਰ (ਸਤਿਸੰਗ) ਬਣਾਓ, ਅਕਾਲ ਪੁਰਖ ਦੀ ਟੇਕ ਰੱਖੋ ਜੋ ਦੀਨ ਤੇ ਦੁਨੀਆ ਨੂੰ ਆਸਰਾ ਦੇਣ ਵਾਲਾ ਹੈ ।

ਹੇ ਨਾਨਕ! ਜਿਸ ਮਨੁੱਖ ਨੇ ਪ੍ਰਭੂ ਦੇ ਪੈਰ ਫੜੇ ਹਨ ਉਹ ਪ੍ਰਭੂ ਦੀ ਦਰਗਾਹ ਮੱਲੀ ਰੱਖਦਾ ਹੈ ।੮।

ਸਲੋਕ ਮਃ ੫ ॥ ਜਾਚਕੁ ਮੰਗੈ ਦਾਨੁ ਦੇਹਿ ਪਿਆਰਿਆ ॥ ਦੇਵਣਹਾਰੁ ਦਾਤਾਰੁ ਮੈ ਨਿਤ ਚਿਤਾਰਿਆ ॥ ਨਿਖੁਟਿ ਨ ਜਾਈ ਮੂਲਿ ਅਤੁਲ ਭੰਡਾਰਿਆ ॥ ਨਾਨਕ ਸਬਦੁ ਅਪਾਰੁ ਤਿਨਿ ਸਭੁ ਕਿਛੁ ਸਾਰਿਆ ॥੧॥ {ਪੰਨਾ 320}

ਪਦਅਰਥ:– ਜਾਚਕੁ—ਮੰਗਤਾ । ਦਾਨੁ—('ਅਪਾਰ ਸ਼ਬਦ' ਦਾ) ਖ਼ੈਰ । ਪਿਆਰਿਆ—ਹੇ ਪਿਆਰੇ! ਚਿਤਾਰਿਆ—ਚੇਤੇ ਕਰਦਾ ਹਾਂ । ਅਤੁਲ—ਜੋ ਤੋਲਿਆ ਨਾਹ ਜਾ ਸਕੇ, ਬੇਅੰਤ । ਸਾਰਿਆ—ਸੰਵਾਰ ਦਿੱਤਾ ਹੈ । ਸਭੁ ਕਿਛੁ—ਹਰੇਕ ਕਾਰਜ ।

ਅਰਥ:– (ਹੇ ਪ੍ਰਭੂ!) ਮੈਂ ਮੰਗਤਾ (ਤੇਰੇ 'ਅਪਾਰ ਸ਼ਬਦ' ਦਾ) ਖ਼ੈਰ ਮੰਗਦਾ ਹਾਂ, ਮੈਨੂੰ ਖ਼ੈਰ ਪਾ । ਤੂੰ ਦਾਤਾਂ ਦੇਣ ਵਾਲਾ ਹੈਂ, ਤੂੰ ਦਾਤਾਂ ਦੇਣ-ਜੋਗ ਹੈਂ, ਮੈਂ ਤੈਨੂੰ ਸਦਾ ਚੇਤੇ ਕਰਦਾ ਹਾਂ । ਤੇਰਾ ਖ਼ਜ਼ਾਨਾ ਬੇਅੰਤ ਹੈ (ਜੇ ਵਿਚੋਂ ਮੈਨੂੰ ਖ਼ੈਰ ਪਾ ਦੇਵੇਂ ਤਾਂ) ਮੁੱਕਦਾ ਨਹੀਂ ।

ਹੇ ਨਾਨਕ! (ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ) ਬਾਣੀ ਅਪਾਰ ਹੈ, ਇਸ ਬਾਣੀ ਨੇ ਮੇਰਾ ਹਰੇਕ ਕਾਰਜ ਸੰਵਾਰ ਦਿੱਤਾ ਹੈ ।੧।

ਮਃ ੫ ॥ ਸਿਖਹੁ ਸਬਦੁ ਪਿਆਰਿਹੋ ਜਨਮ ਮਰਨ ਕੀ ਟੇਕ ॥ ਮੁਖ ਊਜਲ ਸਦਾ ਸੁਖੀ ਨਾਨਕ ਸਿਮਰਤ ਏਕ ॥੨॥ {ਪੰਨਾ 320}

ਪਦਅਰਥ:– ਸਿਖਹੁ—ਸਿੱਖ ਲਓ, ਚੇਤੇ ਰੱਖਣ ਦੀ ਆਦਤ ਬਣਾਓ । ਟੇਕ—ਆਸਰਾ । ਜਨਮ ਮਰਨ—ਸਾਰੀ ਉਮਰ । ਊਜਲ—ਰੌਸ਼ਨ, ਖਿੜਿਆ ਹੋਇਆ ।

ਅਰਥ:- ਹੇ ਪਿਆਰੇ ਸੱਜਣੋ! (ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੀ) ਗੁਰਬਾਣੀ ਚੇਤੇ ਰੱਖਣ ਦੀ ਆਦਤ ਬਣਾਓ, ਇਹ ਸਾਰੀ ਉਮਰ ਦਾ ਆਸਰਾ (ਬਣਦੀ) ਹੈ । ਹੇ ਨਾਨਕ! (ਇਸ ਬਾਣੀ ਦੀ ਰਾਹੀਂ) ਇਕ ਪ੍ਰਭੂ ਨੂੰ ਸਿਮਰਿਆਂ ਸਦਾ ਸੁਖੀ ਰਹੀਦਾ ਹੈ ਤੇ ਮੱਥਾ ਖਿੜਿਆ ਰਹਿੰਦਾ ਹੈ ।੨।

ਪਉੜੀ ॥ ਓਥੈ ਅੰਮ੍ਰਿਤੁ ਵੰਡੀਐ ਸੁਖੀਆ ਹਰਿ ਕਰਣੇ ॥ ਜਮ ਕੈ ਪੰਥਿ ਨ ਪਾਈਅਹਿ ਫਿਰਿ ਨਾਹੀ ਮਰਣੇ ॥ ਜਿਸ ਨੋ ਆਇਆ ਪ੍ਰੇਮ ਰਸੁ ਤਿਸੈ ਹੀ ਜਰਣੇ ॥ ਬਾਣੀ ਉਚਰਹਿ ਸਾਧ ਜਨ ਅਮਿਉ ਚਲਹਿ ਝਰਣੇ ॥ ਪੇਖਿ ਦਰਸਨੁ ਨਾਨਕੁ ਜੀਵਿਆ ਮਨ ਅੰਦਰਿ ਧਰਣੇ ॥੯॥ {ਪੰਨਾ 320}

ਪਦਅਰਥ:- ਓਥੈ—ਉਸ ('ਸਚ ਧਰਮ ਕੇ ਘਰ' ਵਿਚ) ਉਸ ਸਤਸੰਗ ਵਿਚ {ਨੋਟ:- ਇਸ 'ਅਸਥਾਨ' ਦਾ ਜ਼ਿਕਰ ਪਿਛਲੀ ਪਉੜੀ ਦੀ ਤੀਜੀ ਤੁਕ ਵਿਚ ਆ ਚੁਕਾ ਹੈ । ਪੜਨਾਂਵ 'ਓਥੇ' ਸਾਫ਼ ਦੱਸਦਾ ਹੈ ਕਿ ਜਿਸ ਥਾਂ ਵਲ ਇਥੇ ਇਸ਼ਾਰਾ ਹੈ, ਉਸ ਦਾ ਜ਼ਿਕਰ ਪਿਛਲੀ ਪਉੜੀ ਵਿਚ ਚਾਹੀਦਾ ਹੈ} । ਜਮ ਕੈ ਪੰਥਿ—ਜਮ ਦੇ ਰਾਹ ਤੇ । ਜਰਣੇ—ਜਰਨ ਦੀ ਤਾਕਤ, ਜਿਗਰਾ । ਅਮਿਉ—ਅੰਮ੍ਰਿਤ । ਝਰਣੇ—ਫੁਹਾਰੇ । ਪੇਖਿ—ਵੇਖ ਕੇ । ਧਰਣੇ—ਧਾਰਨ ਕੀਤਾ ਹੈ । ਸੁਖੀਆ—ਸੁਖੀ ਕਰਨ ਵਾਲਾ ।

ਅਰਥ:- ਸਭ ਜੀਵਾਂ ਨੂੰ ਸੁਖੀ ਕਰਨ ਵਾਲਾ ਹਰੀ-ਨਾਮ ਅੰਮ੍ਰਿਤ ਉਸ ਸਤਸੰਗ ਵਿਚ ਵੰਡੀਦਾ ਹੈ । (ਜੋ ਮਨੁੱਖ ਉਹ ਅੰਮ੍ਰਿਤ ਪ੍ਰਾਪਤ ਕਰਦੇ ਹਨ ਉਹ) ਜਮ ਦੇ ਰਾਹ ਤੇ ਨਹੀਂ ਪਾਏ ਜਾਂਦੇ, ਉਹਨਾਂ ਨੂੰ ਮੁੜ ਮੌਤ (ਦਾ ਡਰ ਵਿਆਪਦਾ) ਨਹੀਂ । ਜਿਸ ਮਨੁੱਖ ਨੂੰ ਹਰਿ-ਨਾਮ ਦੇ ਪਿਆਰ ਦਾ ਸੁਆਦ ਆਉਂਦਾ ਹੈ, ਉਹ ਇਸ ਸੁਆਦ ਨੂੰ ਆਪਣੇ ਅੰਦਰ ਟਿਕਾਂਦਾ ਹੈ । (ਸਤਸੰਗ ਵਿਚ) ਗੁਰਮੁਖ ਸਿਫ਼ਤਿ-ਸਾਲਾਹ ਦੀ ਬਾਣੀ ਉਚਾਰਦੇ ਹਨ ਓਥੇ ਅੰਮ੍ਰਿਤ ਦੇ, ਮਾਨੋ, ਫੁਹਾਰੇ ਚੱਲ ਪੈਂਦੇ ਹਨ ।

ਨਾਨਕ (ਭੀ ਉਸ ਸਤਸੰਗ ਦਾ) ਦਰਸ਼ਨ ਕਰ ਕੇ ਜੀਉ ਰਿਹਾ ਹੈ ਤੇ ਮਨ ਵਿਚ ਹਰਿ-ਨਾਮ ਨੂੰ ਧਾਰਨ ਕਰ ਰਿਹਾ ਹੈ ।੯।

ਸਲੋਕ ਮਃ ੫ ॥ ਸਤਿਗੁਰਿ ਪੂਰੈ ਸੇਵਿਐ ਦੂਖਾ ਕਾ ਹੋਇ ਨਾਸੁ ॥ ਨਾਨਕ ਨਾਮਿ ਅਰਾਧਿਐ ਕਾਰਜੁ ਆਵੈ ਰਾਸਿ ॥੧॥ {ਪੰਨਾ 320}

ਪਦਅਰਥ:- ਸਤਿਗੁਰਿ—{ਅਧਿਕਰਣ ਕਾਰਕ, ਇਕ-ਵਚਨ} । ਸਤਿਗੁਰਿ ਪੂਰੈ ਸੇਵਿਐ—{ਪੂਰਬ ਪੂਰਨ ਕਾਰਦੰਤਕ} ਜੇ ਪੂਰੇ ਗੁਰੂ ਦੀ ਸੇਵਾ ਕੀਤੀ ਜਾਏ । ਨਾਮਿ—{ਅਧਿਕਰਣ ਕਾਰਕ, ਇਕ-ਵਚਨ} । ਨਾਮਿ ਅਰਾਧਿਐ—{ਪੂਰਬ ਪੂਰਨ ਕਾਰਦੰਤਕ} ਜੇ ਨਾਮ ਸਿਮਰਿਆ ਜਾਏ । ਕਾਰਜੁ—ਜ਼ਿੰਦਗੀ ਦਾ ਮਨੋਰਥ । ਰਾਸਿ ਆਵੈ—ਸਫਲ ਹੋ ਜਾਂਦਾ ਹੈ ।

ਅਰਥ:- ਹੇ ਨਾਨਕ! ਜੇ ਪੂਰੇ ਗੁਰੂ ਦੇ ਦੱਸੇ ਰਾਹ ਤੇ ਤੁਰੀਏ ਤਾਂ ਦੁੱਖਾਂ ਦਾ ਨਾਸ ਹੋ ਜਾਂਦਾ ਹੈ ਤੇ ਜੇ ਨਾਮ ਸਿਮਰੀਏ ਤਾਂ ਜੀਵਨ ਦਾ ਮਨੋਰਥ ਸਫਲ ਹੋ ਜਾਂਦਾ ਹੈ ।੧।

ਮਃ ੫ ॥ ਜਿਸੁ ਸਿਮਰਤ ਸੰਕਟ ਛੁਟਹਿ ਅਨਦ ਮੰਗਲ ਬਿਸ੍ਰਾਮ ॥ ਨਾਨਕ ਜਪੀਐ ਸਦਾ ਹਰਿ ਨਿਮਖ ਨ ਬਿਸਰਉ ਨਾਮੁ ॥੨॥ {ਪੰਨਾ 320}

ਪਦਅਰਥ:- ਸੰਕਟ—ਦੁੱਖ । ਮੰਗਲ—ਖ਼ੁਸ਼ੀਆਂ । ਬਿਸ੍ਰਾਮ—ਟਿਕਾਣਾ । ਨਿਮਖ—ਅੱਖ ਦੇ ਝਮਕਣ ਜਿਤਨੇ ਸਮੇ ਲਈ । ਨ ਬਿਸਰਉ—ਵਿਸਰ ਨਾਹ ਜਾਏ ।

ਅਰਥ:- ਹੇ ਨਾਨਕ! ਜਿਸ ਪਰਮਾਤਮਾ ਨੂੰ ਸਿਮਰਿਆਂ ਸਾਰੇ ਦੁੱਖ ਦੂਰ ਹੋ ਜਾਂਦੇ ਹਨ ਤੇ (ਹਿਰਦੇ ਵਿਚ) ਅਨੰਦ ਖ਼ੁਸ਼ੀਆਂ ਦਾ ਨਿਵਾਸ ਹੁੰਦਾ ਹੈ ਉਸ ਨੂੰ ਸਦਾ ਸਿਮਰੀਏ, ਕਦੇ ਅੱਖ ਦੇ ਫੋਰ ਜਿਤਨੇ ਸਮੇ ਲਈ ਭੀ ਉਹ ਹਰਿ-ਨਾਮ ਅਸਾਨੂੰ ਨਾਹ ਭੁੱਲੇ ।੨।

ਪਉੜੀ ॥ ਤਿਨ ਕੀ ਸੋਭਾ ਕਿਆ ਗਣੀ ਜਿਨੀ ਹਰਿ ਹਰਿ ਲਧਾ ॥ ਸਾਧਾ ਸਰਣੀ ਜੋ ਪਵੈ ਸੋ ਛੁਟੈ ਬਧਾ ॥ ਗੁਣ ਗਾਵੈ ਅਬਿਨਾਸੀਐ ਜੋਨਿ ਗਰਭਿ ਨ ਦਧਾ ॥ ਗੁਰੁ ਭੇਟਿਆ ਪਾਰਬ੍ਰਹਮੁ ਹਰਿ ਪੜਿ ਬੁਝਿ ਸਮਧਾ ॥ ਨਾਨਕ ਪਾਇਆ ਸੋ ਧਣੀ ਹਰਿ ਅਗਮ ਅਗਧਾ ॥੧੦॥ {ਪੰਨਾ 320}

ਪਦਅਰਥ:- ਕਿਆ ਗਣੀ—ਕੀ ਬਿਆਨ ਕਰਾਂ? ਬਿਆਨ ਨਹੀਂ ਹੋ ਸਕਦੀ । ਗਰਭਿ—ਗਰਭ ਵਿਚ । ਦਧਾ—ਸੜਦਾ । ਭੇਟਿਆ—(ਜਿਸ ਨੂੰ) ਮਿਲਿਆ । ਸਮਧਾ—ਸਮਾਧੀ ਵਾਲਾ, ਟਿਕਾਉ ਵਾਲਾ । ਅਗਮ—ਅਪਹੁੰਚ । ਅਗਧਾ—ਅਗਾਧ, ਅਥਾਹ ।

ਅਰਥ:- ਜਿਨ੍ਹਾਂ (ਗੁਰਮੁਖਾਂ) ਨੇ ਰੱਬ ਨੂੰ ਲੱਭ ਲਿਆ ਹੈ ਉਹਨਾਂ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ, ਜੋ ਮਨੁੱਖ ਉਹਨਾਂ ਗੁਰਮੁਖਾਂ ਦੀ ਸ਼ਰਨ ਆਉਂਦਾ ਹੈ ਉਹ ਮਾਇਆ ਦੇ ਬੰਧਨਾਂ ਵਿਚ ਬੱਝਾ ਹੋਇਆ ਮੁਕਤ ਹੋ ਜਾਂਦਾ ਹੈ (ਭਾਵ, ਉਸ ਦੇ ਮਾਇਕ ਬੰਧਨ ਟੁੱਟ ਜਾਂਦੇ ਹਨ), ਉਹ ਅਬਿਨਾਸੀ ਪ੍ਰਭੂ ਦੇ ਗੁਣ ਗਾਉਂਦਾ ਹੈ ਤੇ ਜੂਨਾਂ ਵਿਚ ਪੈ ਪੈ ਕੇ ਨਹੀਂ ਸੜਦਾ, ਉਸ ਨੂੰ ਗੁਰੂ ਮਿਲ ਪੈਂਦਾ ਹੈ, ਉਹ ਪ੍ਰਭੂ ਦੀ ਸਿਫ਼ਤਿ-ਸਾਲਾਹ ਉਚਾਰ ਕੇ ਤੇ ਸਮਝ ਕੇ ਸ਼ਾਂਤੀ ਪ੍ਰਾਪਤ ਕਰਦਾ ਹੈ । ਹੇ ਨਾਨਕ! ਉਸ ਮਨੁੱਖ ਨੇ ਅਥਾਹ ਤੇ ਅਪਹੁੰਚ ਮਾਲਕ ਹਰੀ ਨੂੰ ਪਾ ਲਿਆ ਹੈ ।੧੦।

ਸਲੋਕ ਮਃ ੫ ॥ ਕਾਮੁ ਨ ਕਰਹੀ ਆਪਣਾ ਫਿਰਹਿ ਅਵਤਾ ਲੋਇ ॥ ਨਾਨਕ ਨਾਇ ਵਿਸਾਰਿਐ ਸੁਖੁ ਕਿਨੇਹਾ ਹੋਇ ॥੧॥ {ਪੰਨਾ 320}

ਪਦਅਰਥ:- ਨ ਕਰਹੀ—ਤੂੰ ਨਹੀਂ ਕਰਦਾ । ਅਵਤਾ—ਅਵੈੜਾ, ਆਪ-ਹੁਦਰਾ । ਲੋਇ—ਲੋਕ ਵਿਚ, ਜਗਤ ਵਿਚ । ਨਾਇ—{ਅਧਿਕਰਣ ਕਾਰਕ, ਇਕ-ਵਚਨ) । ਨਾਇ ਵਿਸਾਰਿਐ—(ਪੂਰਬ ਪੂਰਨ ਕਾਰਦੰਤਕ), ਜੇ ਨਾਮ ਵਿਸਾਰ ਦਿੱਤਾ ਜਾਏ । ਕਿਨੇਹਾ ਹੋਇ—ਕੋਈ ਨਹੀਂ ਹੋ ਸਕਦਾ ।

ਅਰਥ:- (ਹੇ ਜੀਵ!) ਤੂੰ ਆਪਣਾ (ਅਸਲ) ਕੰਮ ਨਹੀਂ ਕਰਦਾ ਤੇ ਜਗਤ ਵਿਚ ਆਪ-ਹੁਦਰਾ ਫਿਰ ਰਿਹਾ ਹੈਂ । ਹੇ ਨਾਨਕ! ਜੇ ਪ੍ਰਭੂ ਦਾ ਨਾਮ ਵਿਸਾਰ ਦਿੱਤਾ ਜਾਏ ਤਾਂ ਕੋਈ ਭੀ ਸੁਖ ਨਹੀਂ ਹੋ ਸਕਦਾ ।੧।

ਮਃ ੫ ॥ ਬਿਖੈ ਕਉੜਤਣਿ ਸਗਲ ਮਾਹਿ ਜਗਤਿ ਰਹੀ ਲਪਟਾਇ ॥ ਨਾਨਕ ਜਨਿ ਵੀਚਾਰਿਆ ਮੀਠਾ ਹਰਿ ਕਾ ਨਾਉ ॥੨॥ {ਪੰਨਾ 320}

ਪਦਅਰਥ:- ਬਿਖੈ—ਬਿਖ ਦੀ, ਜ਼ਹਿਰ ਦੀ, ਮਾਇਆ ਰੂਪ ਜ਼ਹਿਰ ਦੀ । ਸਗਲ—ਸਾਰੇ ਜੀਵ । ਜਗਤਿ—ਜਗਤ ਵਿਚ । ਰਹੀ ਲਪਟਾਇ—ਚੰਬੜ ਰਹੀ ਹੈ । ਜਨਿ—ਜਨ ਨੇ, ਸੇਵਕ ਨੇ ।

ਅਰਥ:- (ਮਾਇਆ) ਜ਼ਹਿਰ ਦੀ ਕੁੱੜਤਣ ਸਾਰੇ ਜੀਵਾਂ ਵਿਚ ਹੈ, ਜਗਤ ਵਿਚ ਸਭ ਨੂੰ ਚੰਬੜੀ ਹੋਈ ਹੈ । ਹੇ ਨਾਨਕ! (ਸਿਰਫ਼ ਪ੍ਰਭੂ ਦੇ) ਸੇਵਕ ਨੇ ਇਹ ਵਿਚਾਰ ਕੀਤੀ ਹੈ ਕਿ ਪਰਮਾਤਮਾ ਦਾ ਨਾਮ ਹੀ ਮਿੱਠਾ ਹੈ ।੨।

ਪਉੜੀ ॥ ਇਹ ਨੀਸਾਣੀ ਸਾਧ ਕੀ ਜਿਸੁ ਭੇਟਤ ਤਰੀਐ ॥ ਜਮਕੰਕਰੁ ਨੇੜਿ ਨ ਆਵਈ ਫਿਰਿ ਬਹੁੜਿ ਨ ਮਰੀਐ ॥ ਭਵ ਸਾਗਰੁ ਸੰਸਾਰੁ ਬਿਖੁ ਸੋ ਪਾਰਿ ਉਤਰੀਐ ॥ ਹਰਿ ਗੁਣ ਗੁੰਫਹੁ ਮਨਿ ਮਾਲ ਹਰਿ ਸਭ ਮਲੁ ਪਰਹਰੀਐ ॥ ਨਾਨਕ ਪ੍ਰੀਤਮ ਮਿਲਿ ਰਹੇ ਪਾਰਬ੍ਰਹਮ ਨਰਹਰੀਐ ॥੧੧॥ {ਪੰਨਾ 320}

ਪਦਅਰਥ:- ਇਹ ਨਿਸਾਣੀ—ਇਹ ਨਿਸ਼ਾਨੀ । ਜਿਸੁ ਭੇਟਤ—ਜਿਸ (ਸਾਧੂ) ਨੂੰ ਮਿਲਿਆਂ । ਕੰਕਰੁ—(ਕਿੰਕਰ) ਦਾਸ, ਸੇਵਕ । ਬਹੁੜਿ—ਮੁੜ । ਬਿਖੁ—ਜ਼ਹਿਰ । ਗੁੰਫਹੁ—ਗੁੰਦੋ । ਮਨਿ—ਮਨ ਵਿਚ । ਪਰਹਰੀਐ—ਦੂਰ ਹੋ ਜਾਂਦੀ ਹੈ । ਨਰਹਰੀਐ—ਨਰਹਰਿ, ਕਰਤਾਰ ।

ਅਰਥ:- ਸਾਧੂ ਦੀ ਇਹ ਨਿਸ਼ਾਨੀ ਹੈ ਕਿ ਉਸ ਨੂੰ ਮਿਲਿਆਂ (ਸੰਸਾਰ) ਸਮੁੰਦਰ ਤੋਂ ਤਰ ਜਾਈਦਾ ਹੈ, ਜਮ ਦਾ ਸੇਵਕ (ਭਾਵ, ਜਮਦੂਤ) ਨੇੜੇ ਨਹੀਂ ਢੁਕਦਾ ਤੇ ਮੁੜ ਮੁੜ ਨਹੀਂ ਮਰੀਦਾ; ਜੋ ਜ਼ਹਿਰ ਰੂਪ ਸੰਸਾਰ-ਸਮੁੰਦਰ ਹੈ ਇਸ ਤੋਂ ਪਾਰ ਲੰਘ ਜਾਈਦਾ ਹੈ ।

ਹੇ ਭਾਈ! (ਸਾਧੂ ਗੁਰਮੁਖ ਨੇ ਮਿਲ ਕੇ) ਮਨ ਵਿਚ ਪਰਮਾਤਮਾ ਦੇ ਗੁਣਾਂ ਦੀ ਮਾਲਾ ਗੁੰਦੋ, ਮਨ ਦੀ ਸਾਰੀ ਮੈਲ ਦੂਰ ਹੋ ਜਾਂਦੀ ਹੈ । ਹੇ ਨਾਨਕ! (ਜਿਨ੍ਹਾਂ ਨੇ ਇਹ ਮਾਲਾ ਗੁੰਦੀ ਹੈ) ਉਹ ਪਾਰਬ੍ਰਹਮ ਪਰਮਾਤਮਾ ਨੂੰ ਮਿਲੇ ਰਹਿੰਦੇ ਹਨ ।੧੧।

ਸਲੋਕ ਮਃ ੫ ॥ ਨਾਨਕ ਆਏ ਸੇ ਪਰਵਾਣੁ ਹੈ ਜਿਨ ਹਰਿ ਵੁਠਾ ਚਿਤਿ ॥ ਗਾਲ੍ਹੀ ਅਲ ਪਲਾਲੀਆ ਕੰਮਿ ਨ ਆਵਹਿ ਮਿਤ ॥੧॥ {ਪੰਨਾ 320}

ਅਰਥ:- ਹੇ ਨਾਨਕ! ਜਿਨ੍ਹਾਂ ਮਨੁੱਖਾਂ ਦੇ ਚਿੱਤ ਵਿਚ ਪਰਮਾਤਮਾ ਆ ਵੱਸਿਆ ਹੈ ਉਹਨਾਂ ਦਾ ਆਉਣਾ ਸਫਲ ਹੈ । ਹੇ ਮਿੱਤਰ! ਫੋਕੀਆਂ ਗੱਲਾਂ ਕਿਸੇ ਕੰਮ ਨਹੀਂ ਆਉਂਦੀਆਂ (ਨਾਮ ਤੋਂ ਵਾਂਜੇ ਰਹਿ ਕੇ ਫੋਕੀਆਂ ਗੱਲਾਂ ਦਾ ਕੋਈ ਲਾਭ ਨਹੀਂ ਹੁੰਦਾ) ।੧।

ਮਃ ੫ ॥ ਪਾਰਬ੍ਰਹਮੁ ਪ੍ਰਭੁ ਦ੍ਰਿਸਟੀ ਆਇਆ ਪੂਰਨ ਅਗਮ ਬਿਸਮਾਦ ॥ ਨਾਨਕ ਰਾਮ ਨਾਮੁ ਧਨੁ ਕੀਤਾ ਪੂਰੇ ਗੁਰ ਪਰਸਾਦਿ ॥੨॥ {ਪੰਨਾ 320}

ਪਦਅਰਥ:- ਦ੍ਰਿਸਟੀ ਆਇਆ—ਦਿੱਸ ਪਿਆ ਹੈ । ਪੂਰਨ—ਹਰ ਥਾਂ ਮੌਜੂਦ । ਅਗਮ—ਅਪਹੁੰਚ । ਬਿਸਮਾਦ—ਅਚਰਜ । ਪਰਸਾਦਿ—ਕਿਰਪਾ ਨਾਲ ।

ਅਰਥ:- ਹੇ ਨਾਨਕ! (ਜਿਸ ਮਨੁੱਖ ਨੇ) ਪੂਰੇ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੇ ਨਾਮ ਨੂੰ ਆਪਣਾ ਧਨ ਬਣਾਇਆ ਹੈ, ਉਸ ਨੂੰ ਅਪਹੁੰਚ ਤੇ ਅਚਰਜ-ਰੂਪ ਪ੍ਰਭੂ ਹਰ ਥਾਂ ਮੌਜੂਦ ਦਿੱਸ ਪਿਆ ਹੈ ।੨।

ਪਉੜੀ ॥ ਧੋਹੁ ਨ ਚਲੀ ਖਸਮ ਨਾਲਿ ਲਬਿ ਮੋਹਿ ਵਿਗੁਤੇ ॥ ਕਰਤਬ ਕਰਨਿ ਭਲੇਰਿਆ ਮਦਿ ਮਾਇਆ ਸੁਤੇ ॥ ਫਿਰਿ ਫਿਰਿ ਜੂਨਿ ਭਵਾਈਅਨਿ ਜਮ ਮਾਰਗਿ ਮੁਤੇ ॥ ਕੀਤਾ ਪਾਇਨਿ ਆਪਣਾ ਦੁਖ ਸੇਤੀ ਜੁਤੇ ॥ ਨਾਨਕ ਨਾਇ ਵਿਸਾਰਿਐ ਸਭ ਮੰਦੀ ਰੁਤੇ ॥੧੨॥ {ਪੰਨਾ 321}

ਪਦਅਰਥ:- ਧੋਹੁ—ਠੱਗੀ, ਧੋਖਾ । ਲਬਿ—ਲੱਬ ਦੇ ਕਾਰਨ । ਮੋਹਿ—ਮੋਹ ਵਿਚ (ਪੈ ਕੇ) । ਵਿਗੁਤੇ—ਖ਼ੁਆਰ ਹੁੰਦੇ ਹਨ । ਭਲੇਰਿਆ—ਭੈੜੇ, ਮੰਦੇ । ਮਦਿ—ਮਦ ਵਿਚ, ਨਸ਼ੇ ਵਿਚ । ਮੁਤੇ—(ਨਿਖਸਮੇ) ਛੱਡੇ ਹੋਏ ।

ਪਾਇਨਿ—ਪਾਂਦੇ ਹਨ । ਜੁਤੇ—ਜੁੱਟ ਕੀਤੇ ਜਾਂਦੇ ਹਨ । ਨਾਇ ਵਿਸਾਰਿਐ—(ਪੂਰਬ ਪੂਰਨ ਕਾਰਦੰਤਕ) ਜੇ ਨਾਮ ਵਿਸਾਰ ਦਿੱਤਾ ਜਾਏ । ਰੁਤੇ—ਰੁਤਿ, ਸਮਾ ।

ਅਰਥ:- ਖਸਮ (ਪ੍ਰਭੂ) ਨਾਲ ਧੋਖਾ ਕਾਮਯਾਬ ਨਹੀਂ ਹੋ ਸਕਦਾ, ਜੋ ਮਨੁੱਖ ਲੱਬ ਵਿਚ ਤੇ ਮੋਹ ਵਿਚ ਫਸੇ ਹੋਏ ਹਨ ਉਹ ਖ਼ੁਆਰ ਹੁੰਦੇ ਹਨ, ਮਾਇਆ ਦੇ ਨਸ਼ੇ ਵਿਚ ਸੁੱਤੇ ਹੋਏ ਬੰਦੇ ਮੰਦੀਆਂ ਕਰਤੂਤਾਂ ਕਰਦੇ ਹਨ, ਮੁੜ ਮੁੜ ਜੂਨਾਂ ਵਿਚ ਧੱਕੇ ਜਾਂਦੇ ਹਨ ਤੇ ਜਮਰਾਜ ਦੇ ਰਾਹ ਵਿਚ (ਨਿਖਸਮੇ) ਛੱਡੇ ਜਾਂਦੇ ਹਨ, ਆਪਣੇ (ਮੰਦੇ) ਕੀਤੇ (ਕੰਮਾਂ) ਦਾ ਫਲ ਪਾਂਦੇ ਹਨ, ਦੁੱਖਾਂ ਨਾਲ ਜੁੱਟ ਕੀਤੇ ਜਾਂਦੇ ਹਨ ।

ਹੇ ਨਾਨਕ! ਜੇ ਪ੍ਰਭੂ ਦਾ ਨਾਮ ਵਿਸਾਰ ਦਿੱਤਾ ਜਾਏ ਤਾਂ (ਜੀਵ ਲਈ) ਸਾਰੀ ਰੁੱਤ ਮੰਦੀ ਹੀ ਜਾਣੋ ।੧੨।

ਨੋਟ:- ਗੁਰੂ ਅਰਜਨ ਸਾਹਿਬ ਦੀ ਗੂਜਰੀ ਰਾਗ ਦੀ ਵਾਰ ਦੀ ਪਉੜੀ ਨੰ: ੨੦ ਵਿਚ ਇਸ ਪਉੜੀ ਦੇ ਕਈ ਲਫ਼ਜ਼ ਤੇ ਖ਼ਿਆਲ ਸਾਂਝੇ ਮਿਲਦੇ ਹਨ । ਇਹ ਦੋਵੇਂ ਵਾਰਾਂ ਅੱਗੜ ਪਿੱਛੜ ਲਿਖੀਆਂ ਗਈਆਂ ਜਾਪਦੀਆਂ ਹਨ । ਦੋਹਾਂ ਹੀ ਵਾਰਾਂ ਵਿਚ ਸਲੋਕ ਲਹਿੰਦੀ ਬੋਲੀ ਦੇ ਹੀ ਹਨ ।

ਸਲੋਕ ਮਃ ੫ ॥ ਉਠੰਦਿਆ ਬਹੰਦਿਆ ਸਵੰਦਿਆ ਸੁਖੁ ਸੋਇ ॥ ਨਾਨਕ ਨਾਮਿ ਸਲਾਹਿਐ ਮਨੁ ਤਨੁ ਸੀਤਲੁ ਹੋਇ ॥੧॥ {ਪੰਨਾ 321}

ਪਦਅਰਥ:- ਸੁਖੁ ਸੋਇ—ਉਹੀ ਸੁਖ, ਭਾਵ, ਇਕ-ਸਾਰ ਸੁਖ । ਨਾਮਿ—(ਅਧਿਕਰਣ ਕਾਰਕ, ਇਕ-ਵਚਨ) । ਨਾਮਿ ਸਲਾਹਿਐ—(ਪੂਰਬ ਪੂਰਨ ਕਾਰਦੰਤਕ) ਜੇ ਨਾਮ ਸਲਾਹਿਆ ਜਾਏ, ਜੇ ਪ੍ਰਭੂ ਦੇ ਨਾਮ ਦੀ ਵਡਿਆਈ ਕੀਤੀ ਜਾਏ । ਸੀਤਲੁ—ਠੰਢਾ ।

ਅਰਥ:- ਹੇ ਨਾਨਕ! ਜੇ ਪ੍ਰਭੂ ਦੇ ਨਾਮ ਦੀ ਵਡਿਆਈ ਕਰਦੇ ਰਹੀਏ ਤਾਂ ਮਨ ਤੇ ਸਰੀਰ ਠੰਢੇ-ਠਾਰ ਰਹਿੰਦੇ ਹਨ ਤੇ ਇਹ ਸੁਖ ਇਕ-ਸਾਰ ਉੱਠਦਿਆਂ ਬੈਠਦਿਆਂ ਸੁੱਤਿਆਂ ਹਰ ਵੇਲੇ ਬਣਿਆ ਰਹਿੰਦਾ ਹੈ ।੧।

ਮਃ ੫ ॥ ਲਾਲਚਿ ਅਟਿਆ ਨਿਤ ਫਿਰੈ ਸੁਆਰਥੁ ਕਰੇ ਨ ਕੋਇ ॥ ਜਿਸੁ ਗੁਰੁ ਭੇਟੈ ਨਾਨਕਾ ਤਿਸੁ ਮਨਿ ਵਸਿਆ ਸੋਇ ॥੨॥ {ਪੰਨਾ 321}

ਪਦਅਰਥ:- ਲਾਲਚਿ—ਲਾਲਚ ਨਾਲ । ਅਟਿਆ—ਲਿੱਬੜਿਆ ਹੋਇਆ । ਸੁਆਰਥੁ—ਆਪਣੇ ਅਸਲੀ ਭਲੇ ਦਾ ਕੰਮ । ਕੋਇ—ਕੋਈ ਭੀ ਜੀਵ । ਭੇਟੈ—ਮਿਲਦਾ ਹੈ । ਸੋਇ—ਉਹ ਪ੍ਰਭੂ । ਤਿਸੁ ਮਨਿ—ਉਸ (ਮਨੁੱਖ) ਦੇ ਮਨ ਵਿਚ ।

ਅਰਥ:- (ਜਗਤ ਮਾਇਆ ਦੇ) ਲਾਲਚ ਨਾਲ ਲਿੱਬੜਿਆ ਹੋਇਆ ਸਦਾ (ਭਟਕਦਾ) ਫਿਰਦਾ ਹੈ, ਕੋਈ ਭੀ ਬੰਦਾ ਆਪਣੇ ਅਸਲੀ ਭਲੇ ਦਾ ਕੰਮ ਨਹੀਂ ਕਰਦਾ । (ਪਰ) ਹੇ ਨਾਨਕ! ਜਿਸ ਮਨੁੱਖ ਨੂੰ ਸਤਿਗੁਰੂ ਮਿਲਦਾ ਹੈ ਉਸ ਦੇ ਮਨ ਵਿਚ ਉਹ ਪ੍ਰਭੂ ਵੱਸ ਪੈਂਦਾ ਹੈ ।੨।

ਪਉੜੀ ॥ ਸਭੇ ਵਸਤੂ ਕਉੜੀਆ ਸਚੇ ਨਾਉ ਮਿਠਾ ॥ ਸਾਦੁ ਆਇਆ ਤਿਨ ਹਰਿ ਜਨਾਂ ਚਖਿ ਸਾਧੀ ਡਿਠਾ ॥ ਪਾਰਬ੍ਰਹਮਿ ਜਿਸੁ ਲਿਖਿਆ ਮਨਿ ਤਿਸੈ ਵੁਠਾ ॥ ਇਕੁ ਨਿਰੰਜਨੁ ਰਵਿ ਰਹਿਆ ਭਾਉ ਦੁਯਾ ਕੁਠਾ ॥ ਹਰਿ ਨਾਨਕੁ ਮੰਗੈ ਜੋੜਿ ਕਰ ਪ੍ਰਭੁ ਦੇਵੈ ਤੁਠਾ ॥੧੩॥ {ਪੰਨਾ 321}

ਪਦਅਰਥ:- ਵਸਤੂ—ਚੀਜ਼ਾਂ । ਸਾਦੁ—ਸੁਆਦ । ਸਾਧੀ—ਸਾਧੀ, ਸਾਧ ਜਨਾਂ ਨੇ । ਚਖਿ ਡਿਠਾ—ਚੱਖ

ਵੇਖਿਆ ਹੈ । ਪਾਰਬ੍ਰਹਮਿ—ਪਾਰਬ੍ਰਹਮ ਨੇ । ਜਿਸੁ—ਜਿਸ (ਦੇ ਭਾਗਾਂ ਵਿਚ) । ਤਿਸੈ ਮਨਿ—ਉਸ ਦੇ ਮਨ ਵਿਚ । ਵੁਠਾ—ਆ ਵੱਸਿਆ । ਨਿਰੰਜਨੁ—ਨਿਰ-ਅੰਜਨ, ਮਾਇਆ-ਰਹਿਤ । ਰਵਿ ਰਹਿਆ—ਹਰ ਥਾਂ ਵਿਆਪਕ (ਦਿੱਸਦਾ) ਹੈ । ਦੁਯਾ—ਦੂਜਾ । ਕੁਠਾ—ਨਾਸ ਹੋ ਜਾਂਦਾ ਹੈ । ਕਰ—(ਦੋਵੇਂ) ਹੱਥ । ਤੁਠਾ—ਪ੍ਰਸੰਨ ਹੋ ਕੇ ।

ਅਰਥ:- (ਦੁਨੀਆ ਦੀਆਂ ਬਾਕੀ) ਸਾਰੀਆਂ ਚੀਜ਼ਾਂ (ਆਖ਼ਰ) ਕੌੜੀਆਂ (ਹੋ ਜਾਂਦੀਆਂ) ਹਨ (ਇਕ) ਸੱਚੇ ਪ੍ਰਭੂ ਦਾ ਨਾਮ (ਹੀ ਸਦਾ) ਮਿੱਠਾ (ਰਹਿੰਦਾ) ਹੈ, (ਪਰ) ਇਹ ਸੁਆਦ ਉਨ੍ਹਾਂ ਸਾਧੂਆਂ ਨੂੰ ਹਰਿ-ਜਨਾਂ ਨੂੰ ਆਉਂਦਾ ਹੈ ਜਿਨ੍ਹਾਂ (ਇਹ ਨਾਮ-ਰਸ) ਚੱਖ ਕੇ ਵੇਖਿਆ ਹੈ, ਤੇ ਉਸੇ ਮਨੁੱਖ ਦੇ ਮਨ ਵਿਚ (ਇਹ ਸੁਆਦ) ਆ ਕੇ ਵੱਸਦਾ ਹੈ ਜਿਸ ਦੇ ਭਾਗਾਂ ਵਿਚ ਪਾਰਬ੍ਰਹਮ ਨੇ ਲਿਖ ਦਿੱਤਾ ਹੈ । (ਐਸੇ ਭਾਗਾਂ ਵਾਲੇ ਨੂੰ) ਮਾਇਆ-ਰਹਿਤ ਪ੍ਰਭੂ ਹੀ ਹਰ ਥਾਂ ਦਿੱਸਦਾ ਹੈ (ਉਸ ਮਨੁੱਖ ਦਾ) ਦੂਜਾ ਭਾਵ ਨਾਸ ਹੋ ਜਾਂਦਾ ਹੈ ।

ਨਾਨਕ ਭੀ ਦੋਵੇਂ ਹੱਥ ਜੋੜ ਕੇ ਹਰੀ ਪਾਸੋਂ ਇਹ ਨਾਮ-ਰਸ ਮੰਗਦਾ ਹੈ, (ਪਰ) ਪ੍ਰਭੂ (ਉਸ ਨੂੰ) ਦੇਂਦਾ ਹੈ (ਜਿਸ ਉਤੇ) ਪ੍ਰਸੰਨ ਹੁੰਦਾ ਹੈ ।੧੩।

ਸਲੋਕ ਮਃ ੫ ॥ ਜਾਚੜੀ ਸਾ ਸਾਰੁ ਜੋ ਜਾਚੰਦੀ ਹੇਕੜੋ ॥ ਗਾਲ੍ਹੀ ਬਿਆ ਵਿਕਾਰ ਨਾਨਕ ਧਣੀ ਵਿਹੂਣੀਆ ॥੧॥ {ਪੰਨਾ 321}

ਪਦਅਰਥ:- ਜਾਚੜੀ—ਜਾਚਨਾ, ਮੰਗ । ਸਾਰੁ—ਸ੍ਰੇਸ਼ਟ, ਸਭ ਤੋਂ ਚੰਗੀ । ਜਾਚੰਦੀ—ਮੰਗਦੀ ਹੈ । ਹੇਕੜੋ—ਇਕ ਰੱਬ ਨੂੰ । ਗਾਲ੍ਹੀ ਬਿਆ—ਹੋਰ ਗੱਲਾਂ । ਵਿਕਾਰ—ਬੇ-ਕਾਰ, ਵਿਅਰਥ । ਧਣੀ—ਮਾਲਕ ।

ਅਰਥ:- ਉਹ ਤਰਲਾ ਸਭ ਤੋਂ ਚੰਗਾ ਹੈ ਜੋ (ਭਾਵ, ਜਿਸ ਦੀ ਰਾਹੀਂ ਮਨੁੱਖ) ਇਕ ਪ੍ਰਭੂ (ਦੇ ਨਾਮ) ਨੂੰ ਮੰਗਦਾ ਹੈ । ਹੇ ਨਾਨਕ! ਮਾਲਕ-ਪ੍ਰਭੂ ਤੋਂ ਬਾਹਰੀਆਂ ਹੋਰ ਗੱਲਾਂ ਸਭ ਵਿਅਰਥ ਹਨ ।੧।

ਮਃ ੫ ॥ ਨੀਹਿ ਜਿ ਵਿਧਾ ਮੰਨੁ ਪਛਾਣੂ ਵਿਰਲੋ ਥਿਓ ॥ ਜੋੜਣਹਾਰਾ ਸੰਤੁ ਨਾਨਕ ਪਾਧਰੁ ਪਧਰੋ ॥੨॥ {ਪੰਨਾ 321}

ਪਦਅਰਥ:- ਨੀਹਿ—ਨਿਹੁਂ ਵਿਚ, ਪ੍ਰੇਮ ਵਿਚ । ਜਿ ਮੰਨੁ—ਜਿਸ ਦਾ ਮਨ । ਥਿਓ—ਹੁੰਦਾ ਹੈ । ਪਾਧਰੁ—ਰਸਤਾ । ਪਧਰੋ—ਸਿੱਧਾ ।

ਅਰਥ:- ਅਜੇਹਾ (ਰੱਬ ਦੀ) ਪਛਾਣ ਵਾਲਾ ਕੋਈ ਵਿਰਲਾ ਬੰਦਾ ਹੁੰਦਾ ਹੈ, ਜਿਸ ਦਾ ਮਨ ਪ੍ਰਭੂ ਦੇ ਪ੍ਰੇਮ ਵਿਚ ਵਿੰਨ੍ਹਿਆ ਹੋਵੇ, ਹੇ ਨਾਨਕ! ਅਜੇਹਾ ਸੰਤ (ਹੋਰਨਾਂ ਨੂੰ ਭੀ ਰੱਬ ਨਾਲ) ਜੋੜਨ ਤੇ ਸਮਰੱਥ ਹੁੰਦਾ ਹੈ ਤੇ (ਰੱਬ ਨੂੰ ਮਿਲਣ ਲਈ) ਸਿੱਧਾ ਰਾਹ ਵਿਖਾ ਦੇਂਦਾ ਹੈ ।੨।

ਪਉੜੀ ॥ ਸੋਈ ਸੇਵਿਹੁ ਜੀਅੜੇ ਦਾਤਾ ਬਖਸਿੰਦੁ ॥ ਕਿਲਵਿਖ ਸਭਿ ਬਿਨਾਸੁ ਹੋਨਿ ਸਿਮਰਤ ਗੋਵਿੰਦੁ ॥ ਹਰਿ ਮਾਰਗੁ ਸਾਧੂ ਦਸਿਆ ਜਪੀਐ ਗੁਰਮੰਤੁ ॥ ਮਾਇਆ ਸੁਆਦ ਸਭਿ ਫਿਕਿਆ ਹਰਿ ਮਨਿ ਭਾਵੰਦੁ ॥ ਧਿਆਇ ਨਾਨਕ ਪਰਮੇਸਰੈ ਜਿਨਿ ਦਿਤੀ ਜਿੰਦੁ ॥੧੪॥

ਪਦਅਰਥ:- ਜੀਅੜੇ—ਹੇ ਜਿੰਦੇ! ਕਿਲਵਿਖ—ਪਾਪ । ਭਾਵੰਦੁ—ਪਿਆਰਾ ਲੱਗਣ ਲੱਗ ਪੈਂਦਾ ਹੈ । ਜਿਨਿ—ਜਿਸ (ਪਰਮੇਸਰ) ਨੇ ।

ਅਰਥ:- ਹੇ ਮੇਰੀ ਜਿੰਦੇ! ਉਸ ਪਰਮੇਸਰ ਨੂੰ ਸਿਮਰ ਜੋ ਸਭ ਦਾਤਾਂ ਦੇਣ ਵਾਲਾ ਹੈ ਤੇ ਬਖ਼ਸ਼ਸ਼ਾਂ ਕਰਨ ਵਾਲਾ ਹੈ। ਪਰਮੇਸ਼ਰ ਨੂੰ ਸਿਮਰਿਆਂ ਸਾਰੇ ਪਾਪ ਨਾਸ ਹੋ ਜਾਂਦੇ ਹਨ। ਗੁਰੂ ਨੇ ਪ੍ਰਭੂ (ਨੂੰ ਮਿਲਣ) ਦਾ ਰਾਹ ਦੱਸਿਆ ਹੈ। ਗੁਰੂ ਦਾ ਉਪਦੇਸ਼ ਸਦਾ ਚੇਤੇ ਕਰਨਾ ਚਾਹੀਦਾ ਹੈ, (ਗੁਰੂ ਦਾ ਉਪਦੇਸ਼ ਸਦਾ ਚੇਤੇ ਕੀਤਿਆਂ) ਮਾਇਆ ਦੇ ਸਾਰੇ ਸੁਆਦ ਫਿੱਕੇ ਪ੍ਰਤੀਤ ਹੁੰਦੇ ਹਨ ਤੇ ਪਰਮੇਸ਼ਰ ਮਨ ਵਿਚ ਪਿਆਰਾ ਲੱਗਦਾ ਹੈ।

ਹੇ ਨਾਨਕ! ਜਿਸ ਪਰਮੇਸ਼ਰ ਨੇ (ਇਹ) ਜਿੰਦ ਦਿੱਤੀ ਹੈ, ਉਸ ਨੂੰ (ਸਦਾ) ਸਿਮਰ।੧੪।

ਸਲੋਕ ਮਃ ੫ ॥ ਵਤ ਲਗੀ ਸਚੇ ਨਾਮ ਕੀ ਜੋ ਬੀਜੇ ਸੋ ਖਾਇ ॥ ਤਿਸਹਿ ਪਰਾਪਤਿ ਨਾਨਕਾ ਜਿਸ ਨੋ ਲਿਖਿਆ ਆਇ ॥੧॥ {ਪੰਨਾ 321}

ਪਦਅਰਥ:- ਵਤ—ਵੱਤਰ, ਫਬਵਾਂ ਸਮਾਂ। ਤਿਸਹਿ—ਉਸ ਨੂੰ ਹੀ, ਤਿਸ ਹੀ।

ਅਰਥ:- (ਇਹ ਮਨੁੱਖਾ ਜਨਮ) ਸੱਚੇ ਪ੍ਰਭੂ ਦਾ ਨਾਮ (ਰੂਪ ਬੀਜ ਬੀਜਣ) ਲਈ ਫਬਵਾਂ ਸਮਾਂ ਮਿਲਿਆ ਹੈ, ਜੋ ਮਨੁੱਖ ('ਨਾਮ'-ਬੀਜ) ਬੀਜਦਾ ਹੈ ਉਹ (ਇਸ ਦਾ ਫਲ) ਖਾਂਦਾ ਹੈ। ਹੇ ਨਾਨਕ! ਇਹ ਚੀਜ਼ ਉਸ ਮਨੁੱਖ ਨੂੰ ਹੀ ਮਿਲਦੀ ਹੈ ਜਿਸ ਦੇ ਭਾਗਾਂ ਵਿਚ ਲਿਖੀ ਹੋਵੇ।੧।

ਮਃ ੫ ॥ ਮੰਗਣਾ ਤ ਸਚੁ ਇਕੁ ਜਿਸੁ ਤੁਸਿ ਦੇਵੈ ਆਪਿ ॥ ਜਿਤੁ ਖਾਧੈ ਮਨੁ ਤ੍ਰਿਪਤੀਐ ਨਾਨਕ ਸਾਹਿਬ ਦਾਤਿ ॥੨॥ {ਪੰਨਾ 321}

ਪਦਅਰਥ:- ਤੁਸਿ—ਤ੍ਰੁੱਠ ਕੇ, ਖ਼ੁਸ਼ ਹੋ ਕੇ। ਤਿਤੁ—{ਅਧਿਕਰਣ ਕਾਰਕ, ਇਕ-ਵਚਨ}। ਜਿਤੁ ਖਾਧੈ—{ਪੂਰਨ ਕਾਰਦੰਤਕ} ਜਿਸ ਦੇ ਖਾਧਿਆਂ, ਜੇ ਇਸ ਨੂੰ ਖਾਧਾ ਜਾਏ। ਤ੍ਰਿਪਤੀਐ—ਰੱਜ ਜਾਂਦਾ ਹੈ। ਸਾਹਿਬ ਦਾਤਿ—ਮਾਲਕ ਦੀ ਬਖ਼ਸ਼ਸ਼।

ਅਰਥ:- ਜੇ ਮੰਗਣਾ ਹੈ ਤਾਂ ਸਿਰਫ਼ ਪ੍ਰਭੂ ਦਾ ਨਾਮ ਮੰਗੋ (ਇਹ 'ਨਾਮ' ਉਸ ਨੂੰ ਹੀ ਮਿਲਦਾ ਹੈ) ਜਿਸ ਨੂੰ ਪ੍ਰਭੂ ਆਪ ਪ੍ਰਸੰਨ ਹੋ ਕੇ ਦੇਂਦਾ ਹੈ, ਜੇ ਇਹ (ਨਾਮ-ਵਸਤ) ਖਾਧੀ ਜਾਏ ਤਾਂ ਮਨ (ਮਾਇਆ ਵਲੋਂ) ਰੱਜ ਜਾਂਦਾ ਹੈ, ਪਰ ਹੇ ਨਾਨਕ! ਹੈ ਇਹ (ਨਿਰੋਲ) ਮਾਲਕ ਦੀ ਬਖ਼ਸ਼ਸ਼ ਹੀ।੨।

ਪਉੜੀ ॥ ਲਾਹਾ ਜਗ ਮਹਿ ਸੇ ਖਟਹਿ ਜਿਨ ਹਰਿ ਧਨੁ ਰਾਸਿ ॥ ਦੁਤੀਆ ਭਾਉ ਨ ਜਾਣਨੀ ਸਚੇ ਦੀ ਆਸ ॥ ਨਿਹਚਲੁ ਏਕੁ ਸਰੇਵਿਆ ਹੋਰੁ ਸਭ ਵਿਣਾਸੁ ॥ ਪਾਰਬ੍ਰਹਮੁ ਜਿਸੁ ਵਿਸਰੈ ਤਿਸੁ ਬਿਰਥਾ ਸਾਸੁ ॥ ਕੰਠਿ ਲਾਇ ਜਨ ਰਖਿਆ ਨਾਨਕ ਬਲਿ ਜਾਸੁ ॥੧੫॥ {ਪੰਨਾ 321}

ਪਦਅਰਥ:- ਲਾਹਾ—ਨਫ਼ਾ, ਲਾਭ। ਸੇ—ਉਹ ਬੰਦੇ। ਰਾਸਿ—ਪੂੰਜੀ। ਦੁਤੀਆ—{ਸੰ: ਦ੍ਵਿਤੀਯ} ਦੂਜਾ, ਕਿਸੇ ਹੋਰ ਦਾ। ਭਾਉ—ਪਿਆਰ। ਸਰੇਵਿਆ—ਸਿਮਰਿਆ। ਸਾਸੁ—ਸੁਆਸ, ਸਾਹ। ਕੰਠਿ—ਗਲ ਨਾਲ। ਜਨ—ਜਨਾਂ ਨੂੰ, ਸੇਵਕਾਂ ਨੂੰ। ਬਲਿ ਜਾਸੁ—ਸਦਕੇ ਹੁੰਦਾ ਹਾਂ।

ਅਰਥ:- ਜਗਤ ਵਿਚ ਉਹੀ (ਮਨੁੱਖ-ਵਣਜਾਰੇ) ਲਾਭ ਖੱਟਦੇ ਹਨ ਜਿਨ੍ਹਾਂ ਪਾਸ ਪਰਮਾਤਮਾ ਦਾ ਨਾਮ-ਰੂਪ ਧਨ ਹੈ, ਪੂੰਜੀ ਹੈ। ਉਹ (ਪਰਮਾਤਮਾ ਤੋਂ ਬਿਨਾ) ਕਿਸੇ ਹੋਰ ਨਾਲ ਮੋਹ ਕਰਨਾ ਨਹੀਂ ਜਾਣਦੇ, ਉਹਨਾਂ ਨੂੰ ਇੱਕ ਪਰਮਾਤਮਾ ਦੀ ਹੀ ਆਸ ਹੁੰਦੀ ਹੈ। ਉਹਨਾਂ ਨੇ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਨੂੰ ਹੀ ਸਿਮਰਿਆ ਹੈ (ਕਿਉਂਕਿ) ਹੋਰ ਸਾਰਾ ਜਗਤ (ਉਹਨਾਂ) ਨੂੰ ਨਾਸਵੰਤ (ਦਿੱਸਦਾ) ਹੈ। ਜਿਸ ਮਨੁੱਖ ਨੂੰ ਪਰਮਾਤਮਾ ਭੁੱਲ ਜਾਂਦਾ

ਹੈ ਉਸ ਦਾ (ਹਰੇਕ) ਸੁਆਸ ਵਿਅਰਥ ਜਾਂਦਾ ਹੈ, ਪਰਮਾਤਮਾ ਨੇ ਆਪਣੇ ਸੇਵਕਾਂ ਨੂੰ ("ਦੁਤੀਆ ਭਾਵ" ਵਲੋਂ) ਆਪ ਆਪਣੇ ਗਲ ਨਾਲ ਲਾ ਕੇ ਬਚਾਇਆ ਹੈ । ਹੇ ਨਾਨਕ! ਮੈਂ ਉਸ ਪ੍ਰਭੂ ਤੋਂ ਸਦਕੇ ਜਾਂਦਾ ਹਾਂ ।੧੫।

ਸਲੋਕ ਮਃ ੫ ॥ ਪਾਰਬ੍ਰਹਮਿ ਫੁਰਮਾਇਆ ਮੀਹੁ ਵੁਠਾ ਸਹਜਿ ਸੁਭਾਇ ॥ ਅੰਨੁ ਧੰਨੁ ਬਹੁਤੁ ਉਪਜਿਆ ਪ੍ਰਿਥਮੀ ਰਜੀ ਤਿਪਤਿ ਅਘਾਇ ॥ ਸਦਾ ਸਦਾ ਗੁਣ ਉਚਰੈ ਦੁਖੁ ਦਾਲਦੁ ਗਇਆ ਬਿਲਾਇ ॥ ਪੂਰਬਿ ਲਿਖਿਆ ਪਾਇਆ ਮਿਲਿਆ ਤਿਸੈ ਰਜਾਇ ॥ ਪਰਮੇਸਰਿ ਜੀਵਾਲਿਆ ਨਾਨਕ ਤਿਸੈ ਧਿਆਇ ॥੧॥ {ਪੰਨਾ 321}

ਪਦਅਰਥ:- ਪਾਰਬ੍ਰਹਮਿ—ਪਰਮਾਤਮਾ ਨੇ । ਮੀਹੁ—ਨਾਮ ਦੀ ਵਰਖਾ । ਵੁਠਾ—ਵੱਸਿਆ, (ਮੀਂਹ) ਪਿਆ । ਸਹਜਿ ਸੁਭਾਇ—ਆਪਣੇ ਆਪ । ਪ੍ਰਿਥਮੀ—ਹਿਰਦਾ-ਰੂਪ ਧਰਤੀ । ਅੰਨੁ—ਧੰਨੁ—(ਜਿਵੇਂ ਸਰੀਰ ਦਾ ਆਸਰਾ ਅੰਨ ਹੈ, ਤਿਵੇਂ ਹਿਰਦੇ ਦੇ ਆਸਰੇ ਲਈ) ਸਿਫ਼ਤਿ-ਸਾਲਾਹ ਰੂਪ ਅੰਨ । ਤਿਪਤਿ ਆਘਾਇ ਰਜੀ—ਚੰਗੀ ਤਰ੍ਹਾਂ ਰੱਜ ਗਈ । ਦਾਲਦੁ—ਦਲਿੱਦ੍ਰ । ਬਿਲਾਇ ਗਇਆ—ਦੂਰ ਹੋ ਜਾਂਦਾ ਹੈ । ਪੂਰਬਿ—ਮੁੱਢ ਤੋਂ । ਤਿਸੈ ਰਜਾਏ—ਉਸ (ਪ੍ਰਭੂ) ਦੀ ਰਜ਼ਾ ਅਨੁਸਾਰ ।

ਅਰਥ:- ਜਦੋਂ ਪਰਮਾਤਮਾ ਨੇ ਹੁਕਮ ਦਿੱਤਾ ਤਾਂ (ਜਿਸ ਕਿਸੇ ਭਾਗਾਂ ਵਾਲੇ ਦੇ ਹਿਰਦੇ-ਰੂਪ ਧਰਤੀ ਤੇ) ਆਪਣੇ ਆਪ ਨਾਮ ਦੀ ਵਰਖਾ ਹੋਣ ਲੱਗ ਪਈ, ਉਸ (ਹਿਰਦੇ-ਧਰਤੀ) ਵਿਚ (ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ) ਅੰਨ ਬਹੁਤ ਪੈਦਾ ਹੋ ਜਾਂਦਾ ਹੈ, (ਉਸ ਦਾ ਹਿਰਦਾ ਚੰਗੀ ਤਰ੍ਹਾਂ ਸੰਤੋਖ ਵਾਲਾ ਹੋ ਜਾਂਦਾ ਹੈ), ਉਹ ਮਨੁੱਖ ਸਦਾ ਹੀ ਪਰਮਾਤਮਾ ਦੇ ਗੁਣ ਗਾਉਂਦਾ ਹੈ, ਉਸ ਦਾ ਦੁੱਖ-ਦਲਿੱਦ੍ਰ ਦੂਰ ਹੋ ਜਾਂਦਾ ਹੈ, ਪਰ ਇਹ 'ਨਾਮ' ਰੂਪ ਅੰਨ ਪੂਰਬਲੇ ਲਿਖੇ ਭਾਗਾਂ ਅਨੁਸਾਰ ਪਾਈਦਾ ਹੈ ਤੇ ਮਿਲਦਾ ਹੈ ਪਰਮਾਤਮਾ ਦੀ ਰਜ਼ਾ ਅਨੁਸਾਰ । (ਮਾਇਆ ਵਿਚ ਮੋਏ ਹੋਏ ਜਿਸ ਕਿਸੇ ਨੂੰ) ਜਿੰਦ ਪਾਈ ਹੈ ਪਰਮੇਸ਼ਰ ਨੇ ਹੀ (ਪਾਈ ਹੈ), ਹੇ ਨਾਨਕ! ਉਸ ਪ੍ਰਭੂ ਨੂੰ ਸਿਮਰ ।੧।

ਮਃ ੫ ॥ ਜੀਵਨ ਪਦੁ ਨਿਰਬਾਣੁ ਇਕੋ ਸਿਮਰੀਐ ॥ ਦੂਜੀ ਨਾਹੀ ਜਾਇ ਕਿਨਿ ਬਿਧਿ ਧੀਰੀਐ ॥ ਡਿਠਾ ਸਭੁ ਸੰਸਾਰੁ ਸੁਖੁ ਨ ਨਾਮ ਬਿਨੁ ॥ ਤਨੁ ਧਨੁ ਹੋਸੀ ਛਾਰੁ ਜਾਣੈ ਕੋਇ ਜਨੁ ॥ ਰੰਗ ਰੂਪ ਰਸ ਬਾਦਿ ਕਿ ਕਰਹਿ ਪਰਾਣੀਆ ॥ ਜਿਸੁ ਭੁਲਾਏ ਆਪਿ ਤਿਸੁ ਕਲ ਨਹੀ ਜਾਣੀਆ ॥ ਰੰਗਿ ਰਤੇ ਨਿਰਬਾਣੁ ਸਚਾ ਗਾਵਹੀ ॥ ਨਾਨਕ ਸਰਣਿ ਦੁਆਰਿ ਜੇ ਤੁਧੁ ਭਾਵਹੀ ॥੨॥ {ਪੰਨਾ 322}

ਪਦਅਰਥ:- ਜੀਵਨ ਪਦੁ—ਅਸਲੀ ਜ਼ਿੰਦਗੀ ਦਾ ਦਰਜਾ । ਨਿਰਬਾਣੁ—(ਨਿਰਵਾਣ) ਵਾਸ਼ਨਾ-ਰਹਿਤ ਪ੍ਰਭੂ । ਜਾਇ—ਥਾਂ । ਕਿਨਿ ਬਿਧਿ—ਕਿਸ ਤਰ੍ਹਾਂ । ਧੀਰੀਐ—ਧੀਰਜ ਆਵੇ, ਮਨ ਟਿਕੇ । ਛਾਰੁ—ਸੁਆਹ । ਬਾਦਿ—ਵਿਅਰਥ । ਰਸ—ਚਸਕੇ । ਕਰਹਿ—ਤੂੰ ਕਰਦਾ ਹੈਂ । ਕਲ—ਸ਼ਾਂਤੀ ਦੀ ਸਾਰ । ਰੰਗਿ—ਪਿਆਰ ਵਿਚ । ਗਾਵਹੀ—ਗਾਉਂਦੇ ਹਨ । ਦੁਆਰਿ—ਦਰ ਤੇ । ਭਾਵਹੀ—ਚੰਗੇ ਲੱਗਣ ।

ਅਰਥ:- ਜੇ ਵਾਸ਼ਨਾ-ਰਹਿਤ ਇਕ ਪ੍ਰਭੂ ਨੂੰ ਸਿਮਰੀਏ ਤਾਂ ਅਸਲੀ ਜੀਵਨ ਦਾ ਦਰਜਾ ਹਾਸਲ ਹੁੰਦਾ ਹੈ, (ਪਰ ਇਸ ਅਵਸਥਾ ਦੀ ਪ੍ਰਾਪਤੀ ਲਈ) ਕੋਈ ਹੋਰ ਥਾਂ ਨਹੀਂ ਹੈ, (ਕਿਉਂਕਿ) ਕਿਸੇ ਹੋਰ ਤਰੀਕੇ ਨਾਲ ਮਨ ਟਿਕ ਨਹੀਂ ਸਕਦਾ । ਸਾਰਾ ਸੰਸਾਰ (ਟੋਲ ਕੇ) ਵੇਖਿਆ ਹੈ, ਪ੍ਰਭੂ ਦੇ ਨਾਮ ਤੋਂ ਬਿਨਾ ਸੁਖ ਨਹੀਂ ਮਿਲਦਾ । (ਜਗਤ ਇਸ ਤਨ ਤੇ ਧਨ ਵਿਚ ਸੁਖ ਭਾਲਦਾ ਹੈ) ਇਹ ਸਰੀਰ ਤੇ ਧਨ ਨਾਸ ਹੋ ਜਾਣਗੇ, ਪਰ ਕੋਈ ਵਿਰਲਾ ਇਸ ਗੱਲ ਨੂੰ ਸਮਝਦਾ ਹੈ ।

ਹੇ ਪ੍ਰਾਣੀ! ਤੂੰ ਕੀਹ ਕਰ ਰਿਹਾ ਹੈਂ? (ਭਾਵ, ਤੂੰ ਕਿਉਂ ਨਹੀਂ ਸਮਝਦਾ ਕਿ ਜਗਤ ਦੇ) ਰੰਗ-ਰੂਪ ਤੇ ਰਸ ਸਭ ਵਿਅਰਥ ਹਨ (ਇਹਨਾਂ ਦੇ ਪਿੱਛੇ ਲੱਗਿਆਂ ਮਨ ਦਾ ਟਿਕਾਓ ਹਾਸਲ ਨਹੀਂ ਹੁੰਦਾ)? (ਪਰ ਜੀਵ ਦੇ ਭੀ ਕੀਹ ਵੱਸ?) ਪ੍ਰਭੂ ਜਿਸ ਮਨੁੱਖ ਨੂੰ ਆਪ ਕੁਰਾਹੇ ਪਾਂਦਾ ਹੈ, ਉਸ ਨੂੰ ਮਨ ਦੀ ਸ਼ਾਂਤੀ ਦੀ ਸਾਰ ਨਹੀਂ ਆਉਂਦੀ । ਜੋ ਮਨੁੱਖ ਪ੍ਰਭੂ ਦੇ ਪਿਆਰ ਵਿਚ ਰੰਗੇ ਹੋਏ ਹਨ, ਉਹ ਉਸ ਸਦਾ ਕਾਇਮ ਰਹਿਣ ਵਾਲੇ ਤੇ ਵਾਸ਼ਨਾ-ਰਹਿਤ ਪ੍ਰਭੂ ਨੂੰ ਗਾਉਂਦੇ ਹਨ । ਹੇ ਨਾਨਕ! (ਪ੍ਰਭੂ ਅੱਗੇ ਇਹ ਅਰਜ਼ੋਈ ਕਰ—ਹੇ ਪ੍ਰਭੂ!) ਜੇ ਤੈਨੂੰ ਚੰਗੇ ਲੱਗਣ ਤਾਂ ਜੀਵ ਤੇਰੇ ਦਰ ਤੇ ਤੇਰੀ ਸ਼ਰਨ ਆਉਂਦੇ ਹਨ ।੨।

ਪਉੜੀ ॥ ਜੰਮਣੁ ਮਰਣੁ ਨ ਤਿਨ੍ ਕਉ ਜੋ ਹਰਿ ਲੜਿ ਲਾਗੇ ॥ ਜੀਵਤ ਸੇ ਪਰਵਾਣੁ ਹੋਏ ਹਰਿ ਕੀਰਤਨਿ ਜਾਗੇ ॥ ਸਾਧਸੰਗੁ ਜਿਨ ਪਾਇਆ ਸੇਈ ਵਡਭਾਗੇ ॥ ਨਾਇ ਵਿਸਰਿਐ ਧ੍ਰਿਗੁ ਜੀਵਣਾ ਤੂਟੇ ਕਚ ਧਾਗੇ ॥ ਨਾਨਕ ਧੂੜਿ ਪੁਨੀਤ ਸਾਧ ਲਖ ਕੋਟਿ ਪਿਰਾਗੇ ॥੧੬॥ ਸਲੋਕੁ ਮਃ ੫ ॥ {ਪੰਨਾ 322}

ਪਦਅਰਥ:- ਲੜਿ ਲਾਗੇ—ਆਸਰਾ ਲਿਆ । ਜੀਵਤ—ਜੀਊਂਦੇ ਹੀ, ਇਸੇ ਜ਼ਿੰਦਗੀ ਵਿਚ । ਕੀਰਤਨਿ—ਕੀਰਤਨ ਨਾਲ, ਸਿਫ਼ਤਿ-ਸਾਲਾਹ ਕਰ ਕੇ । ਜਾਗੇ—ਸੁਚੇਤ ਰਹੇ, ਵਿਕਾਰਾਂ ਵਲੋਂ ਬਚੇ ਰਹੇ । ਨਾਇ—{ਅਧਿਕਰਣ ਕਾਰਕ, ਇਕ-ਵਚਨ} । ਨਾਇ ਵਿਸਰਿਐ—{ਪੂਰਬ ਪੂਰਨ ਕਾਰਦੰਤਕ} ਜੇ ਨਾਮ ਵਿਸਰ ਜਾਏ । ਪੁਨੀਤ—ਪਵਿੱਤ੍ਰ । ਕੋਟਿ—ਕ੍ਰੋੜ । ਪਿਰਾਗ—ਪ੍ਰਯਾਗ ।

ਅਰਥ:- ਜੋ ਮਨੁੱਖ ਪਰਮਾਤਮਾ ਦਾ ਆਸਰਾ ਲੈਂਦੇ ਹਨ, ਉਹਨਾਂ ਲਈ ਜਨਮ ਮਰਨ ਦਾ ਗੇੜ ਨਹੀਂ ਰਹਿੰਦਾ; ਉਹ ਇਸੇ ਜੀਵਨ ਵਿਚ (ਪ੍ਰਭੂ ਦੇ ਦਰ ਤੇ) ਕਬੂਲ ਹੋ ਜਾਂਦੇ ਹਨ (ਕਿਉਂਕਿ) ਪ੍ਰਭੂ ਦੀ ਸਿਫ਼ਤਿ-ਸਾਲਾਹ ਕਰ ਕੇ ਉਹ ਵਿਕਾਰਾਂ ਤੋਂ ਬਚੇ ਰਹਿੰਦੇ ਹਨ । ਓਹੀ ਮਨੁੱਖ ਵੱਡੇ ਭਾਗਾਂ ਵਾਲੇ ਹਨ, ਜਿਨ੍ਹਾਂ ਨੂੰ (ਅਜਿਹੇ) ਗੁਰਮੁਖਾਂ ਦੀ ਸੰਗਤਿ ਹਾਸਲ ਹੁੰਦੀ ਹੈ, ਪਰ ਜੇ ਪ੍ਰਭੂ ਦਾ ਨਾਮ ਵਿਸਰ ਜਾਏ ਤਾਂ ਜੀਊਣਾ ਫਿਟਕਾਰ-ਜੋਗ ਹੈ ਟੁੱਟੇ ਹੋਏ ਕੱਚੇ ਧਾਗੇ ਵਾਂਗ (ਵਿਅਰਥ) ਹੈ ।

ਹੇ ਨਾਨਕ! ਗੁਰਮੁਖਾਂ ਦੇ ਚਰਨਾਂ ਦੀ ਧੂੜ ਲੱਖਾਂ ਕ੍ਰੋੜਾਂ ਪ੍ਰਯਾਗ ਆਦਿਕ ਤੀਰਥਾਂ ਨਾਲੋਂ ਵਧੀਕ ਪਵਿੱਤ੍ਰ ਹੈ ।੧੬।

ਧਰਣਿ ਸੁਵੰਨੀ ਖੜ ਰਤਨ ਜੜਾਵੀ ਹਰਿ ਪ੍ਰੇਮ ਪੁਰਖੁ ਮਨਿ ਵੁਠਾ ॥ ਸਭੇ ਕਾਜ ਸੁਹੇਲੜੇ ਥੀਏ ਗੁਰੁ ਨਾਨਕੁ ਸਤਿਗੁਰੁ ਤੁਠਾ ॥੧॥ {ਪੰਨਾ 322}

ਪਦਅਰਥ:- ਧਰਣ—ਧਰਤੀ । ਸੁਵੰਨੀ—ਸੋਹਣੇ ਵੰਨ ਵਾਲੀ, ਸੋਹਣੇ ਰੰਗ ਵਾਲੀ । ਖੜ—ਘਾਹ । ਰਤਨ—ਤ੍ਰੇਲ-ਰੂਪ ਮੋਤੀ । ਜੜਾਵੀ—ਜੜਾਊ । ਮਨਿ—ਮਨ ਵਿਚ ।

ਅਰਥ:- ਜਿਸ ਮਨ ਵਿਚ ਪਿਆਰ-ਸਰੂਪ ਹਰੀ ਅਕਾਲ ਪੁਰਖ ਵੱਸ ਪੈਂਦਾ ਹੈ ਉਹ ਮਨ ਇਉਂ ਹੈ ਜਿਵੇਂ ਤ੍ਰੇਲ-ਮੋਤੀਆਂ ਨਾਲ ਜੜੀ ਹੋਈ ਘਾਹ ਵਾਲੀ ਧਰਤੀ ਸੋਹਣੇ ਵੰਨ ਵਾਲੀ ਹੋ ਜਾਂਦੀ ਹੈ । ਹੇ ਨਾਨਕ! ਜਿਸ ਮਨੁੱਖ ਉਤੇ ਗੁਰੂ ਸਤਿਗੁਰੂ ਨਾਨਕ ਤ੍ਰੁੱਠਦਾ ਹੈ, ਉਸ ਦੇ ਸਾਰੇ ਕੰਮ ਸੌਖੇ ਹੋ ਜਾਂਦੇ ਹਨ ।੧।

ਮਃ ੫ ॥ ਫਿਰਦੀ ਫਿਰਦੀ ਦਹ ਦਿਸਾ ਜਲ ਪਰਬਤ ਬਨਰਾਇ ॥ ਜਿਥੈ ਡਿਠਾ ਮਿਰਤਕੋ ਇਲ ਬਹਿਠੀ ਆਇ ॥੨॥ {ਪੰਨਾ 322}

ਪਦਅਰਥ:- ਦਹ—ਦਸ । ਦਿਸਾ—ਪਾਸੇ । ਦਹਦਿਸਾ—ਦਸੀਂ ਪਾਸੀਂ, ਹਰ ਪਾਸੇ । ਬਨਰਾਇ—ਬਨਸਪਤੀ । ਮਿਰਤਕੋ—ਮੁਰਦਾਰ । ਬਹਿਠੀ—ਬੈਠਦੀ ਹੈ । ਜਲ—(ਭਾਵ) ਦਰਿਆ ਆਦਿਕ ।

ਅਰਥ:- ਦਸੀਂ ਪਾਸੀਂ ਦਰਿਆਵਾਂ, ਪਹਾੜਾਂ ਅਤੇ ਰੁੱਖਾਂ-ਬਿਰਖਾਂ ਤੇ ਉੱਡਦੀ ਉੱਡਦੀ ਇੱਲ ਨੇ ਜਿਥੇ ਮੁਰਦਾਰ ਆ ਵੇਖਿਆ ਓਥੇ ਆ ਬੈਠੀ (ਇਹੀ ਹਾਲ ਉਸ ਮਨ ਦਾ ਹੈ ਪਰਮਾਤਮਾ ਤੋਂ ਵਿੱਛੜ ਕੇ ਵਿਕਾਰਾਂ ਤੇ ਆ ਡਿੱਗਦਾ ਹੈ) ।੨।

ਪਉੜੀ ॥ ਜਿਸੁ ਸਰਬ ਸੁਖਾ ਫਲ ਲੋੜੀਅਹਿ ਸੋ ਸਚੁ ਕਮਾਵਉ ॥ ਨੇੜੈ ਦੇਖਉ ਪਾਰਬ੍ਰਹਮੁ ਇਕੁ ਨਾਮੁ ਧਿਆਵਉ ॥ ਹੋਇ ਸਗਲ ਕੀ ਰੇਣੁਕਾ ਹਰਿ ਸੰਗਿ ਸਮਾਵਉ ॥ ਦੂਖੁ ਨ ਦੇਈ ਕਿਸੈ ਜੀਅ ਪਤਿ ਸਿਉ ਘਰਿ ਜਾਵਉ ॥ ਪਤਿਤ ਪੁਨੀਤ ਕਰਤਾ ਪੁਰਖੁ ਨਾਨਕ ਸੁਣਾਵਉ ॥੧੭॥ {ਪੰਨਾ 322}

ਪਦਅਰਥ:- ਜਿਸੁ—ਜਿਸ (ਪ੍ਰਭੂ) ਪਾਸੋਂ । ਲੋੜੀਅਹਿ—ਮੰਗਦੇ ਹਨ । ਕਮਾਵਉ—ਮੈਂ ਕਮਾਵਾਂ, (ਭਾਵ,) ਸਿਮਰਨ ਕਰਾਂ । {ਇਹ ਲਫ਼ਜ਼ 'ਵਰਤਮਾਨ ਕਾਲ ਉੱਤਮ ਪੁਰਖ, ਇਕ-ਵਚਨ' ਹੈ । ਇਸ ਦਾ ਅਰਥ 'ਕਮਾਓ' ਕਰਨਾ ਗ਼ਲਤ ਹੈ, ਉਸ ਹਾਲਤ ਵਿਚ ਇਸ ਦਾ ਜੋੜ ਹੁੰਦਾ 'ਕਮਾਵਹੁ' ਜੋ ਵਿਆਕਰਨ ਅਨੁਸਾਰ 'ਹੁਕਮੀ ਭਵਿੱਖਤ, ਮਧਮ ਪੁਰਖ, ਬਹੁ-ਵਚਨ' ਹੈ} । ਦੇਖਉ—ਮੈਂ ਦੇਖਾਂ । ਧਿਆਵਉ—ਮੈਂ ਧਿਆਵਾਂ । ਸਮਾਵਉ—ਮੈਂ ਸਮਾ ਜਾਵਾਂ । ਦੇਈ—ਮੈਂ ਦੇਵਾਂ । ਜਾਵਉ—ਮੈਂ ਜਾਵਾਂ । ਸੁਣਾਵਉ—ਮੈਂ (ਹੋਰਨਾਂ ਨੂੰ ਭੀ) ਸੁਣਾਵਾਂ ।

ਅਰਥ:- ਮੈਂ ਉਸ ਸੱਚੇ ਪ੍ਰਭੂ ਨੂੰ ਸਿਮਰਾਂ, ਜਿਸ ਪਾਸੋਂ ਸਾਰੇ ਸੁਖ ਤੇ ਸਾਰੇ ਫਲ ਮੰਗੀਦੇ ਹਨ, ਉਸ ਪਾਰਬ੍ਰਹਮ ਨੂੰ ਆਪਣੇ ਅੰਗ-ਸੰਗ ਵੇਖਾਂ ਤੇ ਕੇਵਲ ਉਸੇ ਦਾ ਹੀ ਨਾਮ ਧਿਆਵਾਂ । ਸਭ ਦੇ ਚਰਨਾਂ ਦੀ ਧੂੜ ਹੋ ਕੇ ਮੈਂ ਪਰਮਾਤਮਾ ਵਿਚ ਲੀਨ ਹੋ ਜਾਵਾਂ । ਮੈਂ ਕਿਸੇ ਭੀ ਜੀਵ ਨੂੰ ਦੁੱਖ ਨਾ ਦਿਆਂ ਤੇ (ਇਸ ਤਰ੍ਹਾਂ) ਇੱਜ਼ਤ ਨਾਲ (ਆਪਣੇ ਅਸਲੀ) ਘਰ ਵਿਚ ਜਾਵਾਂ (ਭਾਵ, ਪ੍ਰਭੂ ਦੀ ਹਜ਼ੂਰੀ ਵਿਚ ਅੱਪੜਾਂ) । ਹੇ ਨਾਨਕ! ਮੈਂ ਹੋਰਨਾਂ ਨੂੰ ਭੀ ਦੱਸਾਂ ਕਿ ਕਰਤਾਰ ਅਕਾਲ ਪੁਰਖ (ਵਿਕਾਰਾਂ ਵਿਚ) ਡਿੱਗਿਆਂ ਹੋਇਆਂ ਨੂੰ ਭੀ ਪਵਿੱਤ੍ਰ ਕਰਨ ਵਾਲਾ ਹੈ ।੧੭।

ਸਲੋਕ ਦੋਹਾ ਮਃ ੫ ॥ ਏਕੁ ਜਿ ਸਾਜਨੁ ਮੈ ਕੀਆ ਸਰਬ ਕਲਾ ਸਮਰਥੁ ॥ ਜੀਉ ਹਮਾਰਾ ਖੰਨੀਐ ਹਰਿ ਮਨ ਤਨ ਸੰਦੜੀ ਵਥੁ ॥੧॥ {ਪੰਨਾ 322}

ਪਦਅਰਥ:- ਜਿ—ਜੋ । ਕਲਾ—ਸੱਤਿਆ, ਤਾਕਤ । ਖੰਨੀਐ—ਟੋਟੇ ਟੋਟੇ ਹੋਵੇ, ਕੁਰਬਾਨ ਜਾਵੇ, ਸਦਕੇ ਹੋਵੇ । ਸੰਦੜੀ—ਦੀ । ਵਥੁ—ਵਸਤ, ਚੀਜ਼ ।

ਅਰਥ:- ਮੈਂ ਇਕ ਉਸ (ਹਰੀ) ਨੂੰ ਹੀ ਆਪਣਾ ਮਿੱਤ੍ਰ ਬਣਾਇਆ ਹੈ ਜੋ ਸਾਰੀਆਂ ਤਾਕਤਾਂ ਵਾਲਾ ਹੈ, ਪਰਮਾਤਮਾ ਹੀ ਮਨ ਤੇ ਤਨ ਦੇ ਕੰਮ ਆਉਣ ਵਾਲੀ ਅਸਲੀ ਚੀਜ਼ ਹੈ, ਮੇਰੀ ਜਿੰਦ ਉਸ ਤੋਂ ਸਦਕੇ ਹੈ ।੧।

ਮਃ ੫ ॥ ਜੇ ਕਰੁ ਗਹਹਿ ਪਿਆਰੜੇ ਤੁਧੁ ਨ ਛੋਡਾ ਮੂਲਿ ॥ ਹਰਿ ਛੋਡਨਿ ਸੇ ਦੁਰਜਨਾ ਪੜਹਿ ਦੋਜਕ ਕੈ ਸੂਲਿ ॥੨॥ {ਪੰਨਾ 322}

ਪਦਅਰਥ:- ਕਰੁ—(ਮੇਰਾ) ਹੱਥ । ਗਹਹਿ—(ਤੂੰ) ਫੜ ਲਏਂ । ਨ ਮੂਲਿ—ਕਦੇ ਨਾ । ਛੋਡਨਿ—ਛੱਡ ਦੇਂਦੇ ਹਨ, ਵਿਸਾਰ ਦੇਂਦੇ ਹਨ । ਦੁਰਜਨਾ—ਮੰਦ-ਕਰਮੀ ਮਨੁੱਖ । ਪੜਹਿ—ਪੈਂਦੇ ਹਨ । ਸੂਲਿ—ਅਸਹਿ ਪੀੜ

ਵਿਚ ।

ਅਰਥ:- ਹੇ ਅਤਿ ਪਿਆਰੇ (ਪ੍ਰਭੂ!) ਜੇ ਤੂੰ ਮੇਰਾ ਹੱਥ ਫੜ ਲਏਂ, ਮੈਂ ਤੈਨੂੰ ਕਦੇ ਨਾ ਛੱਡਾਂ । ਜੋ ਮਨੁੱਖ ਪ੍ਰਭੂ ਨੂੰ ਵਿਸਾਰ ਦੇਂਦੇ ਹਨ ਉਹ ਮੰਦ-ਕਰਮੀ (ਹੋ ਕੇ) ਦੋਜ਼ਕ ਦੀ ਅਸਹ ਪੀੜ ਵਿਚ ਪੈਂਦੇ ਹਨ (ਭਾਵ, ਪੀੜ ਨਾਲ ਤੜਫ਼ਦੇ ਹਨ) ।੨।

ਪਉੜੀ ॥ ਸਭਿ ਨਿਧਾਨ ਘਰਿ ਜਿਸ ਦੈ ਹਰਿ ਕਰੇ ਸੁ ਹੋਵੈ ॥ ਜਪਿ ਜਪਿ ਜੀਵਹਿ ਸੰਤ ਜਨ ਪਾਪਾ ਮਲੁ ਧੋਵੈ ॥ ਚਰਨ ਕਮਲ ਹਿਰਦੈ ਵਸਹਿ ਸੰਕਟ ਸਭਿ ਖੋਵੈ ॥ ਗੁਰੁ ਪੂਰਾ ਜਿਸੁ ਭੇਟੀਐ ਮਰਿ ਜਨਮਿ ਨ ਰੋਵੈ ॥ ਪ੍ਰਭ ਦਰਸ ਪਿਆਸ ਨਾਨਕ ਘਣੀ ਕਿਰਪਾ ਕਰਿ ਦੇਵੈ ॥੧੮॥ {ਪੰਨਾ 322}

ਪਦਅਰਥ:- ਸਭਿ—ਸਾਰੇ । ਜਿਸ ਦੈ ਘਰਿ—ਜਿਸ ਦੇ ਘਰ ਵਿਚ {'ਦੇ' ਦੇ ਥਾਂ 'ਦੈ' ਦੀ ਵਰਤੋਂ ਚੇਤੇ ਰੱਖਣ-ਜੋਗ ਹੈ, ਵੇਖੋ ਪਉੜੀ ਨੰ: ੮} । ਸੰਕਟ—ਕਲੇਸ਼ । ਭੇਟੀਐ—ਮਿਲੇ । ਘਣੀ—ਬਹੁਤ, ਤੀਬਰ ।

ਅਰਥ:- ਜਿਸ ਪਰਮਾਤਮਾ ਦੇ ਘਰ ਵਿਚ ਸਾਰੇ ਖ਼ਜ਼ਾਨੇ ਹਨ ਉਹ ਜੋ ਕੁਝ ਕਰਦਾ ਹੈ ਉਹੀ ਹੁੰਦਾ ਹੈ । ਉਸ ਦੇ ਸੰਤ ਜਨ ਉਸ ਨੂੰ ਸਿਮਰ ਸਿਮਰ ਕੇ ਜੀਊਂਦੇ ਹਨ (ਭਾਵ, ਉਸ ਦੇ ਸਿਮਰਨ ਨੂੰ ਆਪਣੀ ਜ਼ਿੰਦਗੀ ਦਾ ਆਸਰਾ ਬਣਾਂਦੇ ਹਨ, ਕਿਉਂਕਿ ਪ੍ਰਭੂ ਉਹਨਾਂ ਦੇ) ਪਾਪਾਂ ਦੀ ਸਾਰੀ ਮੈਲ ਧੋ ਦੇਂਦਾ ਹੈ, ਪ੍ਰਭੂ ਦੇ ਸੋਹਣੇ ਚਰਨ ਉਹਨਾਂ ਦੇ ਮਨ ਵਿਚ ਵੱਸਦੇ ਹਨ, ਪ੍ਰਭੂ ਉਹਨਾਂ ਦੇ ਸਾਰੇ ਕਲੇਸ਼ ਨਾਸ ਕਰ ਦੇਂਦਾ ਹੈ । (ਪਰ ਇਹ ਦਾਤਿ ਗੁਰੂ ਦੀ ਰਾਹੀਂ ਮਿਲਦੀ ਹੈ) ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲਦਾ ਹੈ ਉਹ ਨਾਹ ਜਨਮ ਮਰਨ ਦੇ ਗੇੜ ਵਿਚ ਪੈਂਦਾ ਹੈ ਤੇ ਨਾਹ ਦੁਖੀ ਹੁੰਦਾ ਹੈ । ਪ੍ਰਭੂ ਦੇ ਦਰਸ਼ਨ ਦੀ ਤਾਂਘ ਨਾਨਕ ਨੂੰ ਭੀ ਬੜੀ ਤੀਬਰ ਹੈ, ਪਰ ਉਹ ਆਪਣਾ ਦਰਸ਼ਨ ਆਪ ਹੀ ਮਿਹਰ ਕਰ ਕੇ ਦੇਂਦਾ ਹੈ ।੧੮।

ਸਲੋਕ ਡਖਣਾ ਮਃ ੫ ॥ ਭੋਰੀ ਭਰਮੁ ਵਵਾਇ ਪਿਰੀ ਮੁਹਬਤਿ ਹਿਕੁ ਤੂ ॥ ਜਿਥਹੁ ਵੰਞੈ ਜਾਇ ਤਿਥਾਊ ਮਉਜੂਦੁ ਸੋਇ ॥੧॥ {ਪੰਨਾ 322}

ਪਦਅਰਥ:- ਭੋਰੀ—ਰਤਾ ਕੁ ਭੀ । ਵਵਾਇ—(ਜੇ) ਦੂਰ ਕਰੇ । ਪਿਰੀ—ਪਿਆਰ । ਮੁਹਬਤਿ—ਪਿਆਰ । ਜਿਥਹੁ—ਜਿੱਥੇ । ਜਾਇ ਵੰਞੈ—ਜਾਇੰਗਾ । ਤਿਥਾਊ—ਓਥੇ ਹੀ । ਸੋਇ—ਉਹ ਪ੍ਰਭੂ ।

ਅਰਥ:- (ਹੇ ਭਾਈ!) ਜੇ ਤੂੰ ਰਤਾ ਭਰ ਭੀ (ਮਨ ਦੀ) ਭਟਕਣਾ ਦੂਰ ਕਰ ਦੇਵੇਂ ਤੇ ਸਿਰਫ਼ ਪਿਆਰੇ (ਪ੍ਰਭੂ) ਨਾਲ ਪ੍ਰੇਮ ਕਰੇਂ; ਤਾਂ ਜਿੱਥੇ ਜਾਇੰਗਾ ਓਥੇ ਹੀ ਉਹ ਪ੍ਰਭੂ ਹਾਜ਼ਰ (ਦਿੱਸੇਗਾ) ।੧।

ਮਃ ੫ ॥ ਚੜਿ ਕੈ ਘੋੜੜੈ ਕੁੰਦੇ ਪਕੜਹਿ ਖੂੰਡੀ ਦੀ ਖੇਡਾਰੀ ॥ ਹੰਸਾ ਸੇਤੀ ਚਿਤੁ ਉਲਾਸਹਿ ਕੁਕੜ ਦੀ ਓਡਾਰੀ ॥੨॥ {ਪੰਨਾ 322}

ਪਦਅਰਥ:- ਘੋੜੜਾ—ਸੋਹਣਾ ਘੋੜਾ । ਘੋੜੜੈ—ਸੋਹਣੇ ਘੋੜੇ ਤੇ । ਕੁੰਦੇ—ਬੰਦੂਕ ਦਾ ਹੱਥਾ । ਖੇਡਾਰੀ—ਖੇਡ ਜਾਣਨ ਵਾਲੇ । ਉਲਾਸਹਿ—ਉਤਸ਼ਾਹ ਵਿਚ ਲਿਆਉਂਦੇ ਹਨ । ਸੇਤੀ—ਨਾਲ ।

ਅਰਥ:- (ਜੋ ਮਨੁੱਖ) ਜਾਣਦੇ ਤਾਂ ਹਨ ਖੂੰਡੀ ਦੀ ਖੇਡ ਖੇਡਣੀ, (ਪਰ) ਸੋਹਣੇ ਘੋੜੇ ਤੇ ਚੜ੍ਹ ਕੇ ਬੰਦੂਕਾਂ ਦੇ ਹੱਥੇ (ਹੱਥ ਵਿਚ) ਫੜਦੇ ਹਨ (ਉਹ ਹਾਸੋ-ਹੀਣੇ ਹੁੰਦੇ ਹਨ, ਉਹ, ਮਾਨੋ, ਇਹੋ ਜਿਹੇ ਹਨ ਕਿ) ਕੁੱਕੜ ਦੀ ਉਡਾਰੀ ਉੱਡਣੀ ਜਾਣਦੇ ਹੋਣ ਤੇ ਹੰਸਾਂ ਨਾਲ (ਉੱਡਣ ਲਈ ਆਪਣੇ) ਮਨ ਨੂੰ ਉਤਸ਼ਾਹ ਦੇਂਦੇ ਹੋਣ । (ਤਿਵੇਂ ਉਹਨਾਂ

ਮਨਮੁਖਾਂ ਦਾ ਹਾਲ ਸਮਝੋ ਜੋ ਗੁਰਮੁਖਾਂ ਦੀ ਰੀਸ ਕਰਦੇ ਹਨ) ।੨।

ਪਉੜੀ ॥ ਰਸਨਾ ਉਚਰੈ ਹਰਿ ਸ੍ਰਵਣੀ ਸੁਣੈ ਸੋ ਉਧਰੈ ਮਿਤਾ ॥ ਹਰਿ ਜਸੁ ਲਿਖਹਿ ਲਾਇ ਭਾਵਨੀ ਸੇ ਹਸਤ ਪਵਿਤਾ ॥ ਅਠਸਠਿ ਤੀਰਥ ਮਜਨਾ ਸਭਿ ਪੁੰਨ ਤਿਨਿ ਕਿਤਾ ॥ ਸੰਸਾਰ ਸਾਗਰ ਤੇ ਉਧਰੇ ਬਿਖਿਆ ਗੜੁ ਜਿਤਾ ॥ ਨਾਨਕ ਲੜਿ ਲਾਇ ਉਧਾਰਿਅਨੁ ਦਯੁ ਸੇਵਿ ਅਮਿਤਾ ॥੧੯॥ {ਪੰਨਾ 322}

ਪਦਅਰਥ:- ਰਸਨਾ—ਜੀਭ ਨਾਲ । ਸ੍ਰਵਣੀ—ਕੰਨਾਂ ਨਾਲ । ਮਿਤਾ—ਹੇ ਮਿੱਤਰ! ਭਾਵਨੀ—ਸਰਧਾ, ਪ੍ਰੇਮ । ਹਸਤ—ਹੱਥ । ਅਠਸਠਿ—ਅਠਾਹਠ । ਮਜਨਾ—ਇਸ਼ਨਾਨ । ਸਭਿ—ਸਾਰੇ । ਤਿਨਿ—ਉਸ (ਮਨੁੱਖ) ਨੇ । ਬਿਖਿਆ—ਮਾਇਆ । ਉਧਾਰਿਅਨੁ—ਉਸ (ਹਰੀ) ਨੇ ਉਧਾਰੇ ਹਨ । ਦਯੁ—ਪਿਆਰਾ (ਪ੍ਰਭੂ) । ਅਮਿਤਾ—ਬੇਅੰਤ ।

ਅਰਥ:- ਹੇ ਮਿੱਤਰ! ਜੋ ਮਨੁੱਖ ਜੀਭ ਨਾਲ ਹਰਿ-ਨਾਮ ਉਚਾਰਦਾ ਹੈ, ਤੇ ਕੰਨਾਂ ਨਾਲ ਹਰਿ-ਨਾਮ ਸੁਣਦਾ ਹੈ, ਉਹ (ਮਨੁੱਖ ਸੰਸਾਰ-ਸਾਗਰ ਤੋਂ) ਬਚ ਜਾਂਦਾ ਹੈ । ਉਸ ਦੇ ਉਹ ਹੱਥ ਪਵਿੱਤ੍ਰ ਹਨ ਜੋ ਸ਼ਰਧਾ ਨਾਲ ਪਰਮਾਤਮਾ ਦੀ ਸਿਫ਼ਤਿ-ਸਾਲਾਹ ਲਿਖਦੇ ਹਨ । ਉਸ ਮਨੁੱਖ ਨੇ, ਮਾਨੋ, ਅਠਾਹਠ ਤੀਰਥਾਂ ਦਾ ਇਸ਼ਨਾਨ ਕਰ ਲਿਆ ਹੈ ਤੇ ਸਾਰੇ ਪੁੰਨ ਕਰਮ ਕਰ ਲਏ ਹਨ । ਅਜੇਹੇ ਮਨੁੱਖ ਸੰਸਾਰ-ਸਮੁੰਦਰ (ਦੇ ਵਿਕਾਰਾਂ ਵਿਚ ਡੁੱਬਣ) ਤੋਂ ਬਚ ਜਾਂਦੇ ਹਨ, ਉਹਨਾਂ ਨੇ ਮਾਇਆ ਦਾ ਕਿਲ੍ਹਾ ਜਿੱਤ ਲਿਆ (ਸਮਝੋ) ।

ਹੇ ਨਾਨਕ! ਐਸੇ ਬੇਅੰਤ ਪ੍ਰਭੂ ਨੂੰ ਸਿਮਰ, ਜਿਸ ਨੇ ਆਪਣੇ ਲੜ ਲਾ ਕੇ (ਅਨੇਕਾਂ ਜੀਵ) ਬਚਾਏ ਹਨ ।੧੯।

ਸਲੋਕ ਮਃ ੫ ॥ ਧੰਧੜੇ ਕੁਲਾਹ ਚਿਤਿ ਨ ਆਵੈ ਹੇਕੜੋ ॥ ਨਾਨਕ ਸੇਈ ਤੰਨ ਫੁਟੰਨਿ ਜਿਨਾ ਸਾਂਈ ਵਿਸਰੈ ॥੧॥ {ਪੰਨਾ 323}

ਪਦਅਰਥ:- ਧੰਧੜੇ—ਕੋਝੇ ਧੰਧੇ । ਕੁਲਾਹ—(ਕੁ+ਲਾਹ) ਘਾਟੇ ਵਾਲੇ । ਚਿਤਿ—ਚਿੱਤ ਵਿਚ । ਹੇਕੜੋ—ਇੱਕ ਪਰਮਾਤਮਾ । ਤੰਨ—ਸਰੀਰ । ਫੁਟੰਨਿ—ਫੁੱਟ ਜਾਂਦੇ ਹਨ, ਵਿਕਾਰਾਂ ਨਾਲ ਗੰਦੇ ਹੋ ਜਾਂਦੇ ਹਨ ।

ਅਰਥ:- ਉਹ ਕੋਝੇ ਧੰਧੇ ਘਾਟੇ ਵਾਲੇ ਹਨ ਜਿਨ੍ਹਾਂ ਦੇ ਕਾਰਨ ਇੱਕ ਪਰਮਾਤਮਾ ਚਿੱਤ ਵਿਚ ਨਾ ਆਵੇ, (ਕਿਉਂਕਿ) ਹੇ ਨਾਨਕ! ਉਹ ਸਰੀਰ ਵਿਕਾਰਾਂ ਨਾਲ ਗੰਦੇ ਹੋ ਜਾਂਦੇ ਹਨ ਜਿਨ੍ਹਾਂ ਨੂੰ ਮਾਲਕ ਪ੍ਰਭੂ ਭੁੱਲ ਜਾਂਦਾ ਹੈ ।੧।

ਮਃ ੫ ॥ ਪਰੇਤਹੁ ਕੀਤੋਨੁ ਦੇਵਤਾ ਤਿਨਿ ਕਰਣੈਹਾਰੇ ॥ ਸਭੇ ਸਿਖ ਉਬਾਰਿਅਨੁ ਪ੍ਰਭਿ ਕਾਜ ਸਵਾਰੇ ॥ ਨਿੰਦਕ ਪਕੜਿ ਪਛਾੜਿਅਨੁ ਝੂਠੇ ਦਰਬਾਰੇ ॥ ਨਾਨਕ ਕਾ ਪ੍ਰਭੁ ਵਡਾ ਹੈ ਆਪਿ ਸਾਜਿ ਸਵਾਰੇ ॥੨॥ {ਪੰਨਾ 323}

ਪਦਅਰਥ:- ਪਰਤੇਹੁ—ਪਰੇਤ ਤੋਂ, ਭੂਤ ਤੋਂ । ਕੀਤੋਨੁ—ਉਸ ਨੇ ਬਣਾ ਦਿੱਤਾ । ਤਿਨਿ—ਉਸ ਨੇ । ਉਬਾਰਿਅਨੁ—ਉਸ ਨੇ ਬਚਾ ਲਏ । ਪ੍ਰਭਿ—ਪ੍ਰਭੂ ਨੇ । ਪਛਾੜਿਅਨੁ—ਧਰਤੀ ਤੇ ਪਟਕਾ ਕੇ ਮਾਰੇ ਉਸ ਨੇ । ਸਾਜਿ—ਪੈਦਾ ਕਰ ਕੇ ।

ਅਰਥ:- ਉਸ ਸਿਰਜਣਹਾਰ ਨੇ (ਨਾਮ ਦੀ ਦਾਤਿ ਦੇ ਕੇ ਜੀਵ ਨੂੰ) ਪ੍ਰੇਤ ਤੋਂ ਦੇਵਤਾ ਬਣਾ ਦਿੱਤਾ ਹੈ । ਪ੍ਰਭੂ ਨੇ

ਆਪ ਕੰਮ ਸਵਾਰੇ ਹਨ ਤੇ ਸਾਰੇ ਸਿੱਖ (ਵਿਕਾਰਾਂ ਤੋਂ) ਬਚਾ ਲਏ ਹਨ । ਝੂਠ ਨਿੰਦਕਾਂ ਨੂੰ ਫੜ ਕੇ ਆਪਣੀ ਹਜ਼ੂਰੀ ਵਿਚ ਉਸ ਨੇ (ਮਾਨੋ) ਪਟਕਾ ਕੇ ਧਰਤੀ ਤੇ ਮਾਰਿਆ ਹੈ । ਨਾਨਕ ਦਾ ਪ੍ਰਭੂ ਸਭ ਤੋਂ ਵੱਡਾ ਹੈ, ਉਸ ਨੇ ਜੀਵ ਪੈਦਾ ਕਰ ਕੇ ਆਪ ਹੀ ('ਨਾਮ' ਵਿਚ ਜੋੜ ਕੇ) ਸੰਵਾਰ ਦਿੱਤੇ ਹਨ ।੨।

ਪਉੜੀ ॥ ਪ੍ਰਭੁ ਬੇਅੰਤੁ ਕਿਛੁ ਅੰਤੁ ਨਾਹਿ ਸਭੁ ਤਿਸੈ ਕਰਣਾ ॥ ਅਗਮ ਅਗੋਚਰੁ ਸਾਹਿਬੋ ਜੀਆਂ ਕਾ ਪਰਣਾ ॥ ਹਸਤ ਦੇਇ ਪ੍ਰਤਿਪਾਲਦਾ ਭਰਣ ਪੋਖਣੁ ਕਰਣਾ ॥ ਮਿਹਰਵਾਨੁ ਬਖਸਿੰਦੁ ਆਪਿ ਜਪਿ ਸਚੇ ਤਰਣਾ ॥ ਜੋ ਤੁਧੁ ਭਾਵੈ ਸੋ ਭਲਾ ਨਾਨਕ ਦਾਸ ਸਰਣਾ ॥੨੦॥ {ਪੰਨਾ 323}

ਪਦਅਰਥ:- ਅਗਮੁ—ਪਹੁੰਚ ਤੋਂ ਪਰੇ । ਅਗੋਚਰੁ—ਇੰਦ੍ਰਿਆਂ ਦੀ ਪਹੁੰਚ ਤੋਂ ਪਰੇ । ਪਰਣਾ—ਆਸਰਾ । ਹਸਤ—ਹੱਥ । ਦੇਇ—ਦੇ ਕੇ । ਭਰਣ ਪੋਖਣੁ—ਪਾਲਣਾ ।

ਅਰਥ:- ਪਰਮਾਤਮਾ ਬੇਅੰਤ ਹੈ, ਉਸ ਦਾ ਕੋਈ ਅੰਤ ਨਹੀਂ ਪੈ ਸਕਦਾ, ਸਾਰਾ ਜਗਤ ਉਸੇ ਨੇ ਬਣਾਇਆ ਹੈ । ਉਹ ਮਾਲਕ ਅਪਹੁੰਚ ਹੈ, ਜੀਵਾਂ ਦੇ ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਸਭ ਜੀਵਾਂ ਦਾ ਆਸਰਾ ਹੈ । ਹੱਥ ਦੇ ਕੇ ਸਭ ਦੀ ਰੱਖਿਆ ਕਰਦਾ ਹੈ, ਸਭ ਨੂੰ ਪਾਲਦਾ ਹੈ । ਉਹ ਪ੍ਰਭੂ ਮਿਹਰ ਕਰਨ ਵਾਲਾ ਹੈ, ਬਖ਼ਸ਼ਸ਼ ਕਰਨ ਵਾਲਾ ਹੈ, ਜੀਵ ਉਸ ਨੂੰ ਸਿਮਰ ਕੇ ਤਰਦੇ ਹਨ ।

ਹੇ ਦਾਸ ਨਾਨਕ! (ਆਖ—) 'ਜੋ ਕੁਝ ਤੇਰੀ ਰਜ਼ਾ ਵਿਚ ਹੋ ਰਿਹਾ ਹੈ ਉਹ ਠੀਕ ਹੈ, ਅਸੀ ਜੀਵ ਤੇਰੀ ਸ਼ਰਨ ਹਾਂ' ।੨੦।

ਸਲੋਕ ਮਃ ੫ ॥ ਤਿੰਨਾ ਭੁਖ ਨ ਕਾ ਰਹੀ ਜਿਸ ਦਾ ਪ੍ਰਭੁ ਹੈ ਸੋਇ ॥ ਨਾਨਕ ਚਰਣੀ ਲਗਿਆ ਉਧਰੈ ਸਭੋ ਕੋਇ ॥੧॥ {ਪੰਨਾ 323}

ਪਦਅਰਥ:- ਕਾ—ਕੋਈ, ਕਿਸੇ ਤਰ੍ਹਾਂ ਦੀ । ਸਭੋ ਕੋਇ—ਹਰੇਕ ਜੀਵ ।

ਅਰਥ:- ਜਿਸ ਜਿਸ ਮਨੁੱਖ ਦੇ ਸਿਰ ਤੇ ਰਾਖਾ ਉਹ ਪ੍ਰਭੂ ਹੈ ਉਹਨਾਂ ਨੂੰ (ਮਾਇਆ ਦੀ) ਕੋਈ ਭੁੱਖ ਨਹੀਂ ਰਹਿ ਜਾਂਦੀ । ਹੇ ਨਾਨਕ! ਪਰਮਾਤਮਾ ਦੀ ਚਰਨੀਂ ਲੱਗਿਆਂ ਹਰੇਕ ਜੀਵ ਮਾਇਆ ਦੀ ਭੁੱਖ ਤੋਂ ਬਚ ਜਾਂਦਾ ਹੈ ।੧।

ਮਃ ੫ ॥ ਜਾਚਿਕੁ ਮੰਗੈ ਨਿਤ ਨਾਮੁ ਸਾਹਿਬੁ ਕਰੇ ਕਬੂਲੁ ॥ ਨਾਨਕ ਪਰਮੇਸਰੁ ਜਜਮਾਨੁ ਤਿਸਹਿ ਭੁਖ ਨ ਮੂਲਿ ॥੨॥ {ਪੰਨਾ 323}

ਪਦਅਰਥ:- ਜਾਚਿਕੁ—ਮੰਗਤਾ । ਜਜਮਾਨੁ—ਦੱਛਨਾ ਦੇਣ ਵਾਲਾ । ਨ ਮੂਲਿ—ਰਤਾ ਭੀ ਨਹੀਂ ।

ਅਰਥ:- (ਜੋ ਮਨੁੱਖ) ਮੰਗਤਾ (ਬਣ ਕੇ ਮਾਲਕ-ਪ੍ਰਭੂ ਤੋਂ) ਸਦਾ ਨਾਮ ਮੰਗਦਾ ਹੈ (ਉਸ ਦੀ ਅਰਜ਼) ਮਾਲਕ ਕਬੂਲ ਕਰਦਾ ਹੈ । ਹੇ ਨਾਨਕ! ਜਿਸ ਮਨੁੱਖ ਦਾ ਜਜਮਾਨ (ਆਪ) ਪਰਮੇਸਰ ਹੈ ਉਸ ਨੂੰ ਰਤਾ ਭੀ (ਮਾਇਆ ਦੀ) ਭੁੱਖ ਨਹੀਂ ਰਹਿੰਦੀ ।੨।

ਪਉੜੀ ॥ ਮਨੁ ਰਤਾ ਗੋਵਿੰਦ ਸੰਗਿ ਸਚੁ ਭੋਜਨੁ ਜੋੜੇ ॥ ਪ੍ਰੀਤਿ ਲਗੀ ਹਰਿ ਨਾਮ ਸਿਉ ਏ ਹਸਤੀ ਘੋੜੇ ॥ ਰਾਜ ਮਿਲਖ ਖੁਸੀਆ ਘਣੀ ਧਿਆਇ ਮੁਖੁ ਨ ਮੋੜੇ ॥ ਢਾਢੀ ਦਰਿ ਪ੍ਰਭ ਮੰਗਣਾ ਦਰੁ ਕਦੇ

ਨ ਛੋੜੇ ॥ ਨਾਨਕ ਮਨਿ ਤਨਿ ਚਾਉ ਏਹੁ ਨਿਤ ਪ੍ਰਭ ਕਉ ਲੋੜੇ ॥੨੧॥੧॥ ਸੁਧੁ ਕੀਚੇ {ਪੰਨਾ 323}

ਪਦਅਰਥ:- ਸਚੁ—ਪ੍ਰਭੂ ਦਾ ਸਦਾ-ਥਿਰ ਨਾਮ । ਜੋੜੇ—ਪੁਸ਼ਾਕੇ । ਏ—ਇਹ ਪ੍ਰੀਤ । ਹਸਤੀ—ਹਾਥੀ । ਮਿਲਖ—ਜ਼ਮੀਨਾਂ । ਘਣੀ—ਬੜੀਆਂ । ਢਾਢੀ—ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨ ਵਾਲਾ । ਦਰਿ ਪ੍ਰਭ—ਪ੍ਰਭੂ ਦੇ ਦਰ ਤੇ ।

ਅਰਥ:- (ਜੋ ਮਨੁੱਖ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹੈ ਉਸ ਦਾ) ਮਨ ਪਰਮਾਤਮਾ ਨਾਲ ਰੰਗਿਆ ਜਾਂਦਾ ਹੈ ਉਸ ਨੂੰ ਪ੍ਰਭੂ ਦਾ ਨਾਮ ਹੀ ਚੰਗੇ ਭੋਜਨ ਤੇ ਪੁਸ਼ਾਕੇ ਹੈ । ਪਰਮਾਤਮਾ ਦੇ ਨਾਮ ਨਾਲ ਉਸ ਦਾ ਪਿਆਰ ਬਣ ਜਾਂਦਾ ਹੈ, ਇਹੀ ਉਸ ਲਈ ਹਾਥੀ ਤੇ ਘੋੜੇ ਹੈ । ਪ੍ਰਭੂ ਨੂੰ ਸਿਮਰਨ ਤੋਂ ਕਦੇ ਉਹ ਅੱਕਦਾ ਨਹੀਂ, ਇਹੀ ਉਸ ਲਈ ਰਾਜ ਜ਼ਮੀਨਾਂ ਤੇ ਬੇਅੰਤ ਖ਼ੁਸ਼ੀਆਂ ਹਨ, ਉਹ ਢਾਡੀ ਪ੍ਰਭੂ ਦੇ ਦਰ ਤੋਂ ਸਦਾ ਮੰਗਦਾ ਹੈ, ਪ੍ਰਭੂ ਦਾ ਦਰ ਕਦੇ ਛੱਡਦਾ ਨਹੀਂ । ਹੇ ਨਾਨਕ! ਸਿਫ਼ਤਿ-ਸਾਲਾਹ ਕਰਨ ਵਾਲੇ ਦੇ ਮਨ ਵਿਚ ਤਨ ਵਿਚ ਸਦਾ ਚਾਉ ਬਣਿਆ ਰਹਿੰਦਾ ਹੈ; ਉਹ ਸਦਾ ਪ੍ਰਭੂ ਨੂੰ ਮਿਲਣ ਲਈ ਹੀ ਤਾਂਘਦਾ ਹੈ ।੨੧।੧।

ਸੁਧੁ ਕੀਚੇ—ਸੁੱਧ ਕਰ ਲੈਣਾ ।

ਨੋਟ:- ਸ੍ਰੀ ਕਰਤਾਰਪੁਰ ਵਾਲੀ ਬੀੜ ਵਿਚ ਇਹ ਲਫ਼ਜ਼ ਹਾਸ਼ੀਏ ਤੋਂ ਬਾਹਰ ਹਨ । ਉਂਵ 'ਵਾਰ' ਦੇ ਮੁੱਕਣ ਤੇ ਬਾਕੀ ਕਾਫ਼ੀ ਪੱਤ੍ਰਾ ਖ਼ਾਲੀ ਪਿਆ ਹੈ । ਇਸ ਦਾ ਭਾਵ ਇਹ ਹੈ ਕਿ ਇਹਨਾਂ ਲਫ਼ਜ਼ਾਂ ਦਾ 'ਬਾਣੀ' ਨਾਲ ਕੋਈ ਸੰਬੰਧ ਨਹੀਂ ਹੈ । ਲਫ਼ਜ਼ 'ਸੁਧੁ ਕੀਚੇ' ਸਿਰਫ਼ ਇਸ 'ਵਾਰ' ਨਾਲ ਹੈ । ਬਾਕੀ 'ਵਾਰਾਂ' ਨਾਲ ਲਫ਼ਜ਼ 'ਸੁਧੁ' ਹਾਸ਼ੀਏ ਤੋਂ ਬਾਹਰ ਵਰਤਿਆ ਹੈ ।

ਰਾਗੁ ਗਉੜੀ ਭਗਤਾਂ ਕੀ ਬਾਣੀ ੴ ਸਤਿਨਾਮੁ ਕਰਤਾ ਪੁਰਖੁ ਗੁਰ ਪ੍ਰਸਾਦਿ ॥ ਗਉੜੀ ਗੁਆਰੇਰੀ ਸ੍ਰੀ ਕਬੀਰ ਜੀਉ ਕੇ ਚਉਪਦੇ ੧੪ ॥ ਅਬ ਮੋਹਿ ਜਲਤ ਰਾਮ ਜਲੁ ਪਾਇਆ ॥ ਰਾਮ ਉਦਕਿ ਤਨੁ ਜਲਤ ਬੁਝਾਇਆ ॥੧॥ ਰਹਾਉ ॥ ਮਨੁ ਮਾਰਣ ਕਾਰਣਿ ਬਨ ਜਾਈਐ ॥ ਸੋ ਜਲੁ ਬਿਨੁ ਭਗਵੰਤ ਨ ਪਾਈਐ ॥੧॥ ਜਿਹ ਪਾਵਕ ਸੁਰਿ ਨਰ ਹੈ ਜਾਰੇ ॥ ਰਾਮ ਉਦਕਿ ਜਨ ਜਲਤ ਉਬਾਰੇ ॥੨॥ ਭਵ ਸਾਗਰ ਸੁਖ ਸਾਗਰ ਮਾਹੀ ॥ ਪੀਵਿ ਰਹੇ ਜਲ ਨਿਖੁਟਤ ਨਾਹੀ ॥੩॥ ਕਹਿ ਕਬੀਰ ਭਜੁ ਸਾਰਿੰਗਪਾਨੀ ॥ ਰਾਮ ਉਦਕਿ ਮੇਰੀ ਤਿਖਾ ਬੁਝਾਨੀ ॥੪॥੧॥ {ਪੰਨਾ 323}

ਪਦਅਰਥ:- ਮੋਹਿ—ਮੈਂ । ਜਲਤ—ਸੜਦਿਆਂ, ਤਪਦਿਆਂ । ਰਾਮ ਜਲੁ—ਪ੍ਰਭੂ ਦੇ ਨਾਮ ਦਾ ਪਾਣੀ । ਰਾਮ ਉਦਕਿ—ਪ੍ਰਭੂ (ਦੇ ਨਾਮ) ਦੇ ਪਾਣੀ ਨੇ । ਤਨੁ—ਸਰੀਰ । ਬੁਝਾਇਆ—ਬੁਝਾ ਦਿੱਤਾ ਹੈ, ਠੰਡ ਪਾ ਦਿੱਤੀ ਹੈ ।੧।ਰਹਾਉ।

ਮਾਰਣ ਕਾਰਣਿ—ਮਾਰਨ ਵਾਸਤੇ, ਕਾਬੂ ਕਰਨ ਲਈ । ਬਨ—ਜੰਗਲਾਂ ਵਲ । ਜਾਈਐ—ਜਾਈਦਾ ਹੈ । ਸੋ ਜਲੁ—ਉਹ (ਨਾਮ-ਰੂਪ) ਪਾਣੀ (ਜੋ ਮਨ ਨੂੰ ਮਾਰ ਸਕੇ) । ਭਗਵੰਤ—ਪਰਮਾਤਮਾ ।੧।

ਜਿਹ ਪਾਵਕ—(ਵਿਸ਼ਿਆਂ ਦੀ) ਜਿਸ ਅੱਗ ਨੇ । ਪਾਵਕ—ਅੱਗ । ਸੁਰਿ—ਦੇਵਤੇ । ਨਰ—ਮਨੁੱਖ । ਹੈ ਜਾਰੇ—ਜਾਰੇ ਹੈਂ, ਸਾੜ ਦਿੱਤੇ ਹਨ । ਰਾਮ ਉਦਕਿ—ਪ੍ਰਭੂ (ਦੇ ਨਾਮ) ਦੇ ਪਾਣੀ ਨੇ । ਜਨ—ਸੇਵਕ । ਉਬਾਰੇ—ਬਚਾ ਲਏ ਹਨ ।੨।

ਭਵ ਸਾਗਰ—ਸੰਸਾਰ-ਸਮੁੰਦਰ । ਸੁਖ ਸਾਗਰ—ਸੁਖਾਂ ਦਾ ਸਮੁੰਦਰ । ਮਾਹੀ—ਵਿਚ । ਪੀਵਿ ਰਹੇ—ਲਗਾਤਾਰ ਪੀ ਰਹੇ ਹਨ । ਨਿਖੁਟਤ ਨਾਹੀ—ਮੁੱਕਦਾ ਨਹੀਂ ।੩।

ਭਜੁ—ਸਿਮਰ । ਸਾਰਿੰਗ ਪਾਨੀ—ਪਰਮਾਤਮਾ (ਜਿਸ ਦੇ ਹੱਥ ਵਿਚ 'ਸਾਰਿੰਗ' ਧਨੁਖ ਹੈ) । ਸਾਰਿੰਗ—ਵਿਸ਼ਨੂੰ ਦੇ ਧਨੁਖ ਦਾ ਨਾਮ ਹੈ । ਪਾਨੀ—ਹੱਥ । ਤਿਖਾ—ਤ੍ਰੇਹ, ਤ੍ਰਿਸ਼ਨਾ । ਬੁਝਾਨੀ—ਬੁਝਾ ਦਿੱਤੀ ਹੈ, ਸ਼ਾਂਤ ਕਰ ਦਿੱਤੀ ਹੈ । ਕਹਿ—ਕਹੈ, ਆਖਦਾ ਹੈ ।੪।

ਅਰਥ:- (ਭਾਲਦਿਆਂ ਭਾਲਦਿਆਂ) ਹੁਣ ਮੈਂ ਪ੍ਰਭੂ ਦੇ ਨਾਮ ਦਾ ਅੰਮ੍ਰਿਤ ਲੱਭ ਲਿਆ ਹੈ, ਉਸ ਨਾਮ-ਅੰਮ੍ਰਿਤ ਨੇ ਮੇਰੇ ਸੜਦੇ ਸਰੀਰ ਨੂੰ ਠੰਢ ਪਾ ਦਿੱਤੀ ਹੈ ।੧।ਰਹਾਉ।

ਜੰਗਲਾਂ ਵਲ (ਤੀਰਥ ਆਦਿਕਾਂ ਤੇ) ਮਨ ਨੂੰ ਮਾਰਨ ਲਈ (ਸ਼ਾਂਤ ਕਰਨ ਲਈ) ਜਾਈਦਾ ਹੈ, ਪਰ ਉਹ (ਨਾਮ-ਰੂਪ) ਅੰਮ੍ਰਿਤ (ਜੋ ਮਨ ਨੂੰ ਸ਼ਾਂਤ ਕਰ ਸਕੇ) ਪ੍ਰਭੂ ਤੋਂ ਬਿਨਾ (ਪ੍ਰਭੂ ਦੇ ਸਿਮਰਨ ਤੋਂ ਬਿਨਾ) ਨਹੀਂ ਲੱਭ ਸਕਦਾ ।੧।

(ਤ੍ਰਿਸ਼ਨਾ ਦੀ) ਜਿਸ ਅੱਗ ਨੇ ਦੇਵਤੇ ਤੇ ਮਨੁੱਖ ਸਾੜ ਸੁੱਟੇ ਸਨ, ਪ੍ਰਭੂ ਦੇ (ਨਾਮ-) ਅੰਮ੍ਰਿਤ ਨੇ ਭਗਤ ਜਨਾਂ ਨੂੰ ਉਸ ਸੜਨ ਤੋਂ ਬਚਾ ਲਿਆ ਹੈ ।੨।

(ਉਹ ਭਗਤ ਜਨ ਜਿਨ੍ਹਾਂ ਨੂੰ 'ਰਾਮ-ਉਦਕ' ਨੇ ਸੜਨ ਤੋਂ ਬਚਾਇਆ ਹੈ) ਇਸ ਸੰਸਾਰ-ਸਮੁੰਦਰ ਵਿਚ (ਜੋ ਹੁਣ ਉਹਨਾਂ ਲਈ) ਸੁਖਾਂ ਦਾ ਸਮੁੰਦਰ (ਬਣ ਗਿਆ ਹੈ) ਨਾਮ-ਅੰਮ੍ਰਿਤ ਲਗਾਤਾਰ ਪੀ ਰਹੇ ਹਨ ਤੇ ਉਹ ਅੰਮ੍ਰਿਤ ਮੁੱਕਦਾ ਨਹੀਂ ।੩।

ਕਬੀਰ ਆਖਦਾ ਹੈ—(ਹੇ ਮਨ!) ਪਰਮਾਤਮਾ ਦਾ ਸਿਮਰਨ ਕਰ, ਪਰਮਾਤਮਾ ਦੇ ਨਾਮ-ਅੰਮ੍ਰਿਤ ਨੇ ਮੇਰੀ (ਮਾਇਆ ਦੀ) ਤ੍ਰਿਸ਼ਨਾ ਮਿਟਾ ਦਿੱਤੀ ਹੈ ।੪।੧।

ਸ਼ਬਦ ਦਾ ਭਾਵ:- ਸੰਸਾਰ-ਸਮੁੰਦਰ ਵਿਚ ਜੀਵਾਂ ਦੇ ਮਨਾਂ ਨੂੰ ਮਾਇਆ ਦੀ ਤ੍ਰਿਸ਼ਨਾ ਰੂਪ ਅੱਗ ਤਪਾ ਰਹੀ ਹੈ; ਤੀਰਥ ਆਦਿਕਾਂ ਦਾ ਇਸ਼ਨਾਨ ਇਸ ਅੱਗ ਨੂੰ ਬੁਝਾ ਨਹੀਂ ਸਕਦਾ । ਪਰਮਾਤਮਾ ਦਾ ਨਾਮ ਅੰਮ੍ਰਿਤ ਹੀ ਤਪੇ ਹੋਏ ਹਿਰਦਿਆਂ ਨੂੰ ਠੰਢਾ ਕਰ ਕੇ ਸੁਖ ਦੇ ਸਕਦਾ ਹੈ ।੧।

ਗਉੜੀ ਕਬੀਰ ਜੀ ॥ ਮਾਧਉ ਜਲ ਕੀ ਪਿਆਸ ਨ ਜਾਇ ॥ ਜਲ ਮਹਿ ਅਗਨਿ ਉਠੀ ਅਧਿਕਾਇ ॥੧॥ ਰਹਾਉ ॥ ਤੂੰ ਜਲਨਿਧਿ ਹਉ ਜਲ ਕਾ ਮੀਨੁ ॥ ਜਲ ਮਹਿ ਰਹਉ ਜਲਹਿ ਬਿਨੁ ਖੀਨੁ ॥੧॥ ਤੂੰ ਪਿੰਜਰੁ ਹਉ ਸੂਅਟਾ ਤੋਰ ॥ ਜਮੁ ਮੰਜਾਰੁ ਕਹਾ ਕਰੈ ਮੋਰ ॥੨॥ ਤੂੰ ਤਰਵਰੁ ਹਉ ਪੰਖੀ ਆਹਿ ॥ ਮੰਦਭਾਗੀ ਤੇਰੋ ਦਰਸਨੁ ਨਾਹਿ ॥੩॥ ਤੂੰ ਸਤਿਗੁਰੁ ਹਉ ਨਉਤਨੁ ਚੇਲਾ ॥ ਕਹਿ ਕਬੀਰ ਮਿਲੁ ਅੰਤ ਕੀ ਬੇਲਾ ॥੪॥੨॥ {ਪੰਨਾ 323-324}

ਪਦਅਰਥ:- ਮਾਧਉ—ਹੇ ਮਾਧਵ! ਹੇ ਮਾਇਆ ਦੇ ਪਤੀ ਪ੍ਰਭੂ! {ਮਾ—ਮਾਇਆ; ਧਵ—ਪਤੀ} । ਪਿਆਸ—ਤ੍ਰੇਹ । ਨ ਜਾਇ—ਮੁੱਕਦੀ ਨਹੀਂ । ਜਲ ਮਹਿ—ਨਾਮ-ਰੂਪ ਪਾਣੀ ਵਿਚ; ਨਾਮ-ਰੂਪ ਪਾਣੀ ਪੀਂਦਿਆਂ ਪੀਂਦਿਆਂ, ਨਾਮ ਜਪਦਿਆਂ ਜਪਦਿਆਂ । ਅਗਨਿ—ਤਾਂਘ-ਰੂਪ ਅੱਗ । ਉਠੀ—ਪੈਦਾ ਹੋ ਗਈ ਹੈ । ਅਧਿਕਾਇ—ਵਧੀਕ ।੧।ਰਹਾਉ।

ਜਲ ਨਿਧਿ—ਸਮੁੰਦਰ {ਨਿਧਿ—ਖ਼ਜ਼ਾਨਾ} । ਮੀਨੁ—ਮੱਛ । ਰਹਉ—ਰਹਉਂ, ਮੈਂ ਰਹਿੰਦਾ ਹਾਂ । ਜਲਹਿ

ਬਿਨੁ—ਜਲ ਤੋਂ ਬਿਨਾ । ਖੀਨੁ—ਕਮਜ਼ੋਰ, ਮੁਰਦਾ ।੧।

ਪਿੰਜਰੁ—ਪਿੰਜਰਾ । ਹਉ—ਮੈਂ । ਸੁਅਟਾ—ਕਮਜ਼ੋਰ ਜਿਹਾ ਤੋਤਾ {ਸੁਅ—ਸ਼ੁਕ, ਤੋਤਾ । ਪਿਛੇਤਰ—'ਟਾ' ਛੋਟਾ-ਪਣ ਜ਼ਾਹਰ ਕਰਨ ਵਾਸਤੇ ਹੈ, ਜਿਵੇਂ 'ਚਮਰੇਟਾ' ਦਾ ਭਾਵ ਹੈ ਗ਼ਰੀਬ ਚਮਾਰ} । ਤੋਰ—ਤੇਰਾ । ਮੰਜਾਰੁ—ਬਿੱਲਾ । ਕਹਾ ਕਰੈ—ਕੀਹ ਕਰ ਸਕਦਾ ਹੈ? ਕੀਹ ਵਿਗਾੜ ਸਕਦਾ ਹੈ? ਮੋਰ—ਮੇਰਾ ।੨।

ਤਰਵਰੁ—ਸੋਹਣਾ ਰੁੱਖ {ਤਰ—ਰੁੱਖ । ਵਰ—ਸੋਹਣਾ, ਸ੍ਰੇਸ਼ਟ} । ਆਹਿ—ਹਾਂ । ਮੰਦ ਭਾਗੀ—ਮੰਦੇ ਭਾਗਾਂ ਵਾਲੇ ਨੂੰ । ਨਾਹਿ—ਨਹੀਂ ।੩।

ਨਉਤਨੁ—ਨਵਾਂ । ਚੇਲਾ—ਸਿੱਖ । ਕਹਿ—ਕਹੈ, ਆਖਦਾ ਹੈ । ਅੰਤ ਕੀ ਬੇਲਾ—ਅਖ਼ੀਰ ਦੇ ਵੇਲੇ (ਭਾਵ, ਇਸ ਮਨੁੱਖਾ ਜਨਮ ਵਿਚ ਜੋ ਕਈ ਜੂਨਾਂ ਵਿਚ ਭਟਕ ਕੇ ਅਖ਼ੀਰ ਵਿਚ ਮਿਲਿਆ ਹੈ) ।੪।੨।

ਅਰਥ:– ਹੇ ਮਾਇਆ ਦੇ ਪਤੀ ਪ੍ਰਭੂ! ਤੇਰੇ ਨਾਮ-ਅੰਮ੍ਰਿਤ ਦੀ ਤ੍ਰੇਹ ਮਿਟਦੀ ਨਹੀਂ (ਭਾਵ, ਤੇਰਾ ਨਾਮ ਜਪ ਜਪ ਕੇ ਮੈਂ ਰੱਜਦਾ ਨਹੀਂ ਹਾਂ), ਤੇਰਾ ਨਾਮ-ਅੰਮ੍ਰਿਤ ਪੀਂਦਿਆਂ ਪੀਂਦਿਆਂ ਵਧੀਕ ਤਾਂਘ ਪੈਦਾ ਹੋ ਰਹੀ ਹੈ ।੧।ਰਹਾਉ।

ਹੇ ਪ੍ਰਭੂ! ਤੂੰ ਜਲ ਦਾ ਖ਼ਜ਼ਾਨਾ (ਸਮੁੰਦਰ) ਹੈਂ, ਤੇ ਮੈਂ ਉਸ ਜਲ ਦਾ ਮੱਛ ਹਾਂ । ਜਲ ਵਿਚ ਹੀ ਮੈਂ ਜੀਉਂਦਾ ਰਹਿ ਸਕਦਾ ਹਾਂ; ਜਲ ਤੋਂ ਬਿਨਾ ਮੈਂ ਮਰ ਜਾਂਦਾ ਹਾਂ ।੧।

ਤੂੰ ਮੇਰਾ ਪਿੰਜਰਾ ਹੈਂ, ਮੈਂ ਤੇਰਾ ਕਮਜ਼ੋਰ ਜਿਹਾ ਤੋਤਾ ਹਾਂ, (ਤੇਰੇ ਆਸਰੇ ਰਿਹਾਂ) ਜਮ-ਰੂਪ ਬਿੱਲਾ ਮੇਰਾ ਕੀਹ ਵਿਗਾੜ ਸਕਦਾ ਹੈ? ।੨।

ਹੇ ਪ੍ਰਭੂ! ਤੂੰ ਸੋਹਣਾ ਰੁੱਖ ਹੈਂ ਤੇ ਮੈਂ (ਉਸ ਰੁੱਖ ਦੇ ਆਸਰੇ ਰਹਿਣ ਵਾਲਾ) ਪੰਛੀ ਹਾਂ । (ਮੈਨੂੰ) ਮੰਦ-ਭਾਗੀ ਨੂੰ (ਅਜੇ ਤਕ) ਤੇਰਾ ਦਰਸ਼ਨ ਨਸੀਬ ਨਹੀਂ ਹੋਇਆ ।੩।

ਹੇ ਪ੍ਰਭੂ! ਤੂੰ (ਮੇਰਾ) ਗੁਰੂ ਹੈਂ, ਮੈਂ ਤੇਰਾ ਨਵਾਂ ਸਿੱਖ ਹਾਂ (ਭਾਵ, ਤੇਰੇ ਨਾਲ ਉਸੇ ਤਰ੍ਹਾਂ ਪਿਆਰ ਹੈ ਜਿਵੇਂ ਨਵਾਂ ਨਵਾਂ ਸਿੱਖ ਆਪਣੇ ਗੁਰੂ ਨਾਲ ਕਰਦਾ ਹੈ) । ਕਬੀਰ ਆਖਦਾ ਹੈ—ਹੁਣ ਤਾਂ (ਮਨੁੱਖਾ-ਜਨਮ) ਅਖ਼ੀਰ ਦਾ ਵੇਲਾ ਹੈ, ਮੈਨੂੰ ਜ਼ਰੂਰ ਮਿਲ ।੪।੨।

ਸ਼ਬਦ ਦਾ ਭਾਵ:– ਮਨੁੱਖ ਜਿਉਂ ਜਿਉਂ ਨਾਮ ਜਪਦਾ ਹੈ, ਤਿਉਂ ਤਿਉਂ ਉਸ ਨੂੰ ਨਾਮ ਦਾ ਵਧੀਕ ਰਸ ਆਉਂਦਾ ਹੈ, ਤੇ ਉਹ ਪ੍ਰਭੂ ਨੂੰ ਆਪਣੀ ਓਟ ਆਸਰਾ ਸਮਝਦਾ ਹੈ । ਪ੍ਰਭੂ ਭੀ ਉਸ ਦੇ ਸਿਰ ਤੇ ਹੱਥ ਰੱਖਦਾ ਹੈ, ਤੇ ਉਸ ਨੂੰ ਪਰਤੱਖ ਦੀਦਾਰ ਦੇਂਦਾ ਹੈ ।੨।

ਗਉੜੀ ਕਬੀਰ ਜੀ ॥ ਜਬ ਹਮ ਏਕੋ ਏਕੁ ਕਰਿ ਜਾਨਿਆ ॥ ਤਬ ਲੋਗਹ ਕਾਹੇ ਦੁਖੁ ਮਾਨਿਆ ॥੧॥ ਹਮ ਅਪਤਹ ਅਪੁਨੀ ਪਤਿ ਖੋਈ ॥ ਹਮਰੈ ਖੋਜਿ ਪਰਹੁ ਮਤਿ ਕੋਈ ॥੧॥ ਰਹਾਉ ॥ ਹਮ ਮੰਦੇ ਮੰਦੇ ਮਨ ਮਾਹੀ ॥ ਸਾਝ ਪਾਤਿ ਕਾਹੂ ਸਿਉ ਨਾਹੀ ॥੨॥ ਪਤਿ ਅਪਤਿ ਤਾ ਕੀ ਨਹੀ ਲਾਜ ॥ ਤਬ ਜਾਨਹੁਗੇ ਜਬ ਉਘਰੈਗੋ ਪਾਜ ॥੩॥ ਕਹੁ ਕਬੀਰ ਪਤਿ ਹਰਿ ਪਰਵਾਨੁ ॥ ਸਰਬ ਤਿਆਗਿ ਭਜੁ ਕੇਵਲ ਰਾਮੁ ॥੪॥੩॥ {ਪੰਨਾ 324}

ਪਦਅਰਥ:– ਹਮ—ਅਸਾਂ । ਏਕੋ ਏਕੁ ਕਰਿ—ਇਹ ਨਿਸ਼ਚਾ ਕਰ ਕੇ ਕਿ ਸਭ ਥਾਈਂ ਇਕ ਪਰਮਾਤਮਾ ਹੀ ਵਿਆਪਕ ਹੈ । ਜਾਨਿਆ—ਸਮਝਿਆ ਹੈ । ਲੋਗਹੁ—ਲੋਕਾਂ ਨੇ । ਕਾਹੇ—ਕਿਉਂ? ਦੁਖੁ ਮਾਨਿਆ—ਇਸ ਗੱਲ

ਨੂੰ ਮਾੜਾ ਸਮਝਿਆ ਹੈ, ਇਸ ਗੱਲ ਦਾ ਦੁੱਖ ਕੀਤਾ ਹੈ ।੧।

ਅਪਤਹ—ਬੇ-ਪਤਾ, ਨਿਰਲੱਜ, ਜਿਸ ਦੀ ਕੋਈ ਇੱਜ਼ਤ ਨ ਰਹਿ ਜਾਏ । ਖੋਈ—ਗਵਾ ਲਈ ਹੈ । ਖੋਜਿ—ਖੋਜ ਤੇ, ਪਿੱਛੇ, ਰਾਹ ਤੇ । ਮਤਿ ਪਰਹੁ—ਨਾਹ ਤੁਰੋ ।੧।ਰਹਾਉ।

ਮਾਹੀ—ਵਿਚ । ਮੰਦੇ—ਭੈੜੇ । ਸਾਝ ਪਾਤਿ—ਭਾਈਚਾਰਾ, ਮੇਲ-ਮੁਲਾਕਾਤ । ਕਾਹੂ ਸਿਉ—ਕਿਸੇ ਨਾਲ ।੨।

ਪਤਿ ਅਪਤਿ—ਆਦਰ ਨਿਰਾਦਰੀ । ਲਾਜ—ਪਰਵਾਹ । ਜਾਨਹੁਗੇ—ਤੁਹਾਨੂੰ ਸਮਝ ਆਵੇਗੀ । ਪਾਜ—ਵਿਖਾਵਾ ।੩।

ਪਤਿ—(ਅਸਲ) ਇੱਜ਼ਤ । ਪਰਵਾਨੁ—ਕਬੂਲ । ਤਿਆਗਿ—ਛੱਡ ਕੇ । ਭਜੁ—ਸਿਮਰ ।੪।੩।

ਅਰਥ:- ਜਦੋਂ ਅਸਾਂ (ਭਾਵ, ਮੈਂ) ਇਹ ਸਮਝ ਲਿਆ ਹੈ ਕਿ ਸਭ ਥਾਈਂ ਇਕ ਪਰਮਾਤਮਾ ਹੀ ਵਿਆਪਕ ਹੈ, ਤਾਂ (ਪਤਾ ਨਹੀਂ) ਲੋਕਾਂ ਨੇ ਇਸ ਗੱਲ ਨੂੰ ਕਿਉਂ ਬੁਰਾ ਮਨਾਇਆ ਹੈ ।੧।

ਮੈਂ ਨਿਸੰਗ ਹੋ ਗਿਆ ਹਾਂ ਤੇ ਮੈਨੂੰ ਇਹ ਪਰਵਾਹ ਨਹੀਂ ਕਿ ਕੋਈ ਮਨੁੱਖ ਮੇਰੀ ਇੱਜ਼ਤ ਕਰੇ ਜਾਂ ਨਾਹ ਕਰੇ । (ਤੁਹਾਨੂੰ ਲੋਕਾਂ ਨੂੰ ਜਗਤ ਵਿਚ ਮਨ-ਵਡਿਆਈ ਦਾ ਖ਼ਿਆਲ ਹੈ, ਇਸ ਵਾਸਤੇ ਜਿਸ ਰਾਹੇ ਮੈਂ ਪਿਆ ਹਾਂ) ਉਸ ਰਾਹੇ ਮੇਰੇ ਪਿੱਛੇ ਨਾਹ ਤੁਰੋ ।੧।ਰਹਾਉ।

ਜੇ ਮੈਂ ਭੈੜਾ ਹਾਂ ਤਾਂ ਆਪਣੇ ਹੀ ਅੰਦਰ ਭੈੜਾ ਹਾਂ ਨ, (ਕਿਸੇ ਨੂੰ ਇਸ ਗੱਲ ਨਾਲ ਕੀਹ?); ਮੈਂ ਕਿਸੇ ਨਾਲ (ਇਸੇ ਕਰਕੇ) ਕੋਈ ਮੇਲ-ਮੁਲਾਕਾਤ ਭੀ ਨਹੀਂ ਰੱਖੀ ਹੋਈ ।੨।

ਕੋਈ ਮੇਰੀ ਇੱਜ਼ਤ ਕਰੇ ਜਾਂ ਨਿਰਾਦਰੀ ਕਰੇ, ਮੈਂ ਇਸ ਵਿਚ ਕੋਈ ਹਾਣਤ ਨਹੀਂ ਸਮਝਦਾ; ਕਿਉਂਕਿ ਤੁਹਾਨੂੰ ਭੀ ਤਦੋਂ ਹੀ ਸਮਝ ਆਵੇਗੀ (ਕਿ ਅਸਲ ਇੱਜ਼ਤ ਜਾਂ ਨਿਰਾਦਰੀ ਕਿਹੜੀ ਹੈ) ਜਦੋਂ ਤੁਹਾਡਾ ਇਹ ਜਗਤ-ਵਿਖਾਵਾ ਉੱਘੜ ਜਾਇਗਾ ।੩।

ਹੇ ਕਬੀਰ! ਆਖ—(ਅਸਲ) ਇੱਜ਼ਤ ਉਸੇ ਦੀ ਹੀ ਹੈ, ਜਿਸ ਨੂੰ ਪ੍ਰਭੂ ਕਬੂਲ ਕਰ ਲਏ । (ਤਾਂ ਤੇ, ਹੇ ਕਬੀਰ!) ਹੋਰ ਸਭ ਕੁਝ (ਭਾਵ, ਦੁਨੀਆ ਦੀ ਲੋਕ-ਲਾਜ) ਛੱਡ ਕੇ ਪਰਮਾਤਮਾ ਦਾ ਸਿਮਰਨ ਕਰ ।੪।੩।

ਭਾਵ:- ਦੁਨੀਆ ਦੇ ਬੰਦੇ ਲੋਕ-ਲਾਜ ਪਿੱਛੇ ਮਰਦੇ ਮਰਦੇ ਭਗਤ ਜਨਾਂ ਨੂੰ ਕੁਤਰਕਾਂ ਕਰਦੇ ਹਨ, ਕਿਉਂਕਿ ਬੰਦਗੀ ਵਾਲੇ ਮਨੁੱਖ ਲੋਕ-ਲਾਜ ਛੱਡ ਕੇ ਸਭ ਜੀਆਂ ਨਾਲ ਇਕੋ ਜਿਹਾ ਵਰਤਾਉ ਰੱਖਦੇ ਹਨ । ਪਰ ਦੁਨੀਆ ਦੇ ਇਹ ਆਦਰ ਜਾਂ ਨਿਰਾਦਰੀ ਪ੍ਰਭੂ ਦੀ ਹਜ਼ੂਰੀ ਵਿਚ ਕਿਸੇ ਲੇਖੇ ਨਹੀਂ ਹਨ । ਉੱਥੇ ਤਾਂ ਬੰਦਗੀ ਕਬੂਲ ਹੈ ।੩।

ਗਉੜੀ ਕਬੀਰ ਜੀ ॥ ਨਗਨ ਫਿਰਤ ਜੌ ਪਾਈਐ ਜੋਗੁ ॥ ਬਨ ਕਾ ਮਿਰਗੁ ਮੁਕਤਿ ਸਭੁ ਹੋਗੁ ॥੧॥ ਕਿਆ ਨਾਗੇ ਕਿਆ ਬਾਧੇ ਚਾਮ ॥ ਜਬ ਨਹੀ ਚੀਨਸਿ ਆਤਮ ਰਾਮ ॥੧॥ ਰਹਾਉ ॥ ਮੂਡ ਮੁੰਡਾਏ ਜੌ ਸਿਧਿ ਪਾਈ ॥ ਮੁਕਤੀ ਭੇਡ ਨ ਗਈਆ ਕਾਈ ॥੨॥ ਬਿੰਦੁ ਰਾਖਿ ਜੌ ਤਰੀਐ ਭਾਈ ॥ ਖੁਸਰੈ ਕਿਉ ਨ ਪਰਮ ਗਤਿ ਪਾਈ ॥੩॥ ਕਹੁ ਕਬੀਰ ਸੁਨਹੁ ਨਰ ਭਾਈ ॥ ਰਾਮ ਨਾਮ ਬਿਨੁ ਕਿਨਿ ਗਤਿ ਪਾਈ ॥੪॥੪॥ {ਪੰਨਾ 324}

ਪਦਅਰਥ:- ਨਗਨ ਫਿਰਤ—ਨੰਗੇ ਫਿਰਦਿਆਂ । ਜੌ—ਜੇ ਕਰ । ਜੋਗੁ—(ਪਰਮਾਤਮਾ ਨਾਲ) ਮਿਲਾਪ । ਸਭੁ ਮਿਰਗੁ—ਹਰੇਕ ਪਸ਼ੂ (ਹਰਨ ਆਦਿਕ) । ਬਨ—ਜੰਗਲ । ਹੋਗੁ—ਹੋ ਜਾਇਗਾ ।੧।

ਬਾਧੇ ਚਾਮ—(ਮ੍ਰਿਗ ਸ਼ਾਲਾ ਆਦਿਕ) ਚੰਮ (ਸਰੀਰ ਤੇ) ਪਹਿਨਿਆਂ । ਕਿਆ—ਕੀਹ ਲਾਭ ਹੋ ਸਕਦਾ ਹੈ? ਨਹੀ ਚੀਨਸਿ—ਤੂੰ ਨਹੀਂ ਪਛਾਣ ਕਰਦਾ । ਆਤਮ ਰਾਮ—ਪਰਮਾਤਮਾ ।੧।ਰਹਾਉ।

ਮੂੰਡ—ਸਿਰ । ਜੌ—ਜੇਕਰ । ਕਾਈ—ਕੋਈ । ਸਿਧਿ—ਸਫਲਤਾ ।੨।

ਬਿੰਦੁ—ਵੀਰਜ । ਰਾਖਿ—ਰੱਖ ਕੇ, ਸਾਂਭ ਕੇ । ਬਿੰਦੁ ਰਾਖਿ—ਵੀਰਜ ਸਾਂਭਿਆਂ, ਬਾਲ-ਜਤੀ ਰਿਹਾਂ {ਨੋਟ:- ਲਫ਼ਜ਼ 'ਬਿੰਦੁ' ਸਦਾ ੁ ਅੰਤ ਹੈ, ਉਂਵ ਇਹ ਇਸਤ੍ਰੀ-ਲਿੰਗ ਹੈ} । ਭਾਈ—ਹੇ ਭਾਈ! ਹੇ ਸੱਜਣ! ਪਰਮ ਗਤਿ—ਸਭ ਤੋਂ ਉੱਚੀ ਆਤਮਕ ਅਵਸਥਾ, ਮੁਕਤੀ ।੩।

ਨਰ ਭਾਈ—ਹੇ ਭਰਾਵੋ! ਕਿਨਿ—ਕਿਸ ਨੇ? (ਭਾਵ, ਕਿਸੇ ਨੇ ਨਹੀਂ) ।੪।੪।

ਅਰਥ:- ਜੇ ਨੰਗੇ ਫਿਰਦਿਆਂ ਪਰਮਾਤਮਾ ਨਾਲ ਮਿਲਾਪ ਹੋ ਸਕਦਾ ਹੈ ਤਾਂ ਜੰਗਲ ਦਾ ਹਰੇਕ ਪਸ਼ੂ ਮੁਕਤ ਹੋ ਜਾਣਾ ਚਾਹੀਦਾ ਹੈ ।੧।

(ਹੇ ਭਾਈ!) ਜਦ ਤਕ ਤੂੰ ਪਰਮਾਤਮਾ ਨੂੰ ਨਹੀਂ ਪਛਾਣਦਾ, ਤਦ ਤਕ ਨੰਗੇ ਰਿਹਾਂ ਕੀਹ ਸੌਰ ਜਾਣਾ ਹੈ ਤੇ ਪਿੰਡੇ ਤੇ ਚੰਮ ਲਪੇਟਿਆਂ ਕੀਹ ਮਿਲ ਜਾਣਾ ਹੈ? ।੧।ਰਹਾਉ।

ਜੇ ਸਿਰ ਮੁਨਾਇਆਂ ਸਿੱਧੀ ਮਿਲ ਸਕਦੀ ਹੈ (ਤਾਂ ਇਹ ਕੀਹ ਕਾਰਨ ਹੈ ਕਿ) ਕੋਈ ਭੀ ਭੇਡ (ਹੁਣ ਤਕ ਮੁਕਤ ਨਹੀਂ ਹੋਈ?) ।੨।

ਹੇ ਭਾਈ! ਜੇ ਬਾਲ-ਜਤੀ ਰਿਹਾਂ (ਸੰਸਾਰ-ਸਮੁੰਦਰ ਤੋਂ) ਤਰ ਸਕੀਦਾ ਹੈ ਤਾਂ ਖੁਸਰੇ ਨੂੰ ਕਿਉਂ ਮੁਕਤੀ ਨਹੀਂ ਮਿਲ ਜਾਂਦੀ? ।੩।

ਹੇ ਕਬੀਰ! (ਬੇ-ਸ਼ੱਕ) ਆਖ—ਹੇ ਭਰਾਵੋ! ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਕਿਸੇ ਨੂੰ ਮੁਕਤੀ ਨਹੀਂ ਮਿਲੀ ।੪।੪।

ਸ਼ਬਦ ਦਾ ਭਾਵ:- ਨੰਗੇ ਰਹਿ ਕੇ ਜੰਗਲਾਂ ਵਿਚ ਭੌਣਾ, ਸਿਰ ਮੁਨਾ ਕੇ ਫ਼ਕੀਰ ਬਣ ਜਾਣਾ, ਬਾਲ-ਜਤੀ ਬਣੇ ਰਹਿਣਾ—ਇਹੋ ਜਿਹਾ ਕੋਈ ਸਾਧਨ ਮਨੁੱਖ ਨੂੰ ਸੰਸਾਰ-ਸਾਗਰ ਤੋਂ ਪਾਰ ਨਹੀਂ ਕਰ ਸਕਦਾ । ਕੇਵਲ ਪਰਮਾਤਮਾ ਦਾ ਨਾਮ ਹੀ ਬੇੜਾ ਪਾਰ ਕਰ ਸਕਦਾ ਹੈ ।੪।

ਗਉੜੀ ਕਬੀਰ ਜੀ ॥ ਸੰਧਿਆ ਪ੍ਰਾਤ ਇਸ੍ਨਾਨੁ ਕਰਾਹੀ ॥ ਜਿਉ ਭਏ ਦਾਦੁਰ ਪਾਨੀ ਮਾਹੀ ॥੧॥ ਜਉ ਪੈ ਰਾਮ ਰਾਮ ਰਤਿ ਨਾਹੀ ॥ ਤੇ ਸਭਿ ਧਰਮ ਰਾਇ ਕੈ ਜਾਹੀ ॥੧॥ ਰਹਾਉ ॥ ਕਾਇਆ ਰਤਿ ਬਹੁ ਰੂਪ ਰਚਾਹੀ ॥ ਤਿਨ ਕਉ ਦਇਆ ਸੁਪਨੈ ਭੀ ਨਾਹੀ ॥੨॥ ਚਾਰਿ ਚਰਨ ਕਹਹਿ ਬਹੁ ਆਗਰ ॥ ਸਾਧੂ ਸੁਖੁ ਪਾਵਹਿ ਕਲਿ ਸਾਗਰ ॥੩॥ ਕਹੁ ਕਬੀਰ ਬਹੁ ਕਾਇ ਕਰੀਜੈ ॥ ਸਰਬਸੁ ਛੋਡਿ ਮਹਾ ਰਸੁ ਪੀਜੈ ॥੪॥੫॥ {ਪੰਨਾ 324}

ਪਦਅਰਥ:- ਸੰਧਿਆ—ਸ਼ਾਮ ਵੇਲੇ । ਪ੍ਰਾਤ—ਸਵੇਰੇ । ਕਰਾਹੀ—ਕਰਹੀ, ਕਰਦੇ ਹਨ । ਭਏ—ਹੁੰਦੇ ਹਨ । ਦਾਦੁਰ—ਡੱਡੂ । ਮਾਹੀ—ਵਿਚ ।੧।

ਜਉ ਪੈ—ਜੇਕਰ {ਵੇਖੋ, ਸਿਰੀ ਰਾਗ ਰਵਿਦਾਸ ਜੀ: 'ਜਉ ਪੈ ਹਮ ਨ ਪਾਪ ਕਰੰਤਾ'} । ਰਤਿ—ਪਿਆਰ । ਤੇ ਸਭ—ਉਹ ਸਾਰੇ (ਜੀਵ) । ਧਰਮਰਾਇ ਕੈ—ਧਰਮਰਾਜ ਦੇ ਵੱਸ ਵਿਚ ।੧।ਰਹਾਉ।

ਕਾਇਆ—ਸਰੀਰ । ਰਤਿ—ਮੋਹ, ਪਿਆਰ । ਬਹੁ ਰੂਪ—ਕਈ ਭੇਖ । ਰਚਾਹੀ—ਰਚਦੇ ਹਨ, ਬਣਾਉਂਦੇ ਹਨ । ਸੁਪਨੈ ਭੀ—ਸੁਪਨੇ ਵਿਚ ਭੀ, ਕਦੇ ਭੀ । ਦਇਆ—ਤਰਸ ।੨।

ਚਾਰਿ ਚਰਨ—ਚਾਰ ਵੇਦ । ਕਹਹਿ—ਉਚਾਰਦੇ ਹਨ, ਪੜ੍ਹਦੇ ਹਨ । ਬਹੁ—ਬਹੁਤੇ । ਆਗਰ—ਸਿਆਣੇ ਮਨੁੱਖ । ਸਾਧੂ—ਸੰਤ ਜਨ । ਕਲਿ ਸਾਗਰ—ਝਗੜਿਆਂ ਦਾ ਸਮੁੰਦਰ, ਸੰਸਾਰ ।੩।

ਬਹੁ ਕਾਇ ਕਰੀਜੈ—ਬਹੁਤੀਆਂ ਵਿਚਾਰਾਂ ਕਾਹਦੇ ਲਈ ਕਰਨੀਆਂ ਹੋਈਆਂ? ਭਾਵ, ਮੁੱਕਦੀ ਗੱਲ ਇਹ ਹੈ; ਸਾਰੀਆਂ ਵਿਚਾਰਾਂ ਦਾ ਨਿਚੋੜ ਇਹ ਹੈ । ਸਰਬਸੁ—(sv̂v) ਆਪਣਾ ਸਭ ਕੁਝ, ਸਭ ਪਦਾਰਥਾਂ ਦਾ ਮੋਹ । ਛੋਡਿ—ਛੱਡ ਕੇ । ਮਹਾ ਰਸੁ—ਸਭ ਤੋਂ ਉੱਚਾ ਨਾਮ ਰਸ । ਪੀਜੈ—ਪੀਵੀਏ ।੪।੫।

ਅਰਥ:- (ਜੋ ਮਨੁੱਖ) ਸਵੇਰੇ ਤੇ ਸ਼ਾਮ ਨੂੰ (ਭਾਵ, ਦੋਵੇਂ ਵੇਲੇ ਨਿਰਾ) ਇਸ਼ਨਾਨ ਹੀ ਕਰਦੇ ਹਨ (ਤੇ ਸਮਝਦੇ ਹਨ ਕਿ ਅਸੀ ਪਵਿੱਤਰ ਹੋ ਗਏ ਹਾਂ, ਉਹ ਇਉਂ ਹਨ) ਜਿਵੇਂ ਪਾਣੀ ਵਿਚ ਡੱਡੂ ਵੱਸ ਰਹੇ ਹਨ ।੧।

ਪਰ ਜੇਕਰ ਉਹਨਾਂ ਦੇ ਹਿਰਦੇ ਵਿਚ ਪਰਮਾਤਮਾ ਦੇ ਨਾਮ ਦਾ ਪਿਆਰ ਨਹੀਂ ਹੈ ਤਾਂ ਉਹ ਸਾਰੇ ਧਰਮਰਾਜ ਦੇ ਵੱਸ ਪੈਂਦੇ ਹਨ ।੧।ਰਹਾਉ।

(ਕਈ ਮਨੁੱਖ) ਸਰੀਰ ਦੇ ਮੋਹ ਵਿਚ ਹੀ (ਭਾਵ, ਸਰੀਰ ਨੂੰ ਪਾਲਣ ਦੀ ਖ਼ਾਤਰ ਹੀ) ਕਈ ਭੇਖ ਬਣਾਉਂਦੇ ਹਨ; ਉਹਨਾਂ ਨੂੰ ਕਦੇ ਸੁਪਨੇ ਵਿਚ ਭੀ ਦਇਆ ਨਹੀਂ ਆਈ (ਉਹਨਾਂ ਦਾ ਹਿਰਦਾ ਕਦੇ ਭੀ ਨਹੀਂ ਦ੍ਰਵਿਆ) ।੨।

ਬਹੁਤੇ ਸਿਆਣੇ ਮਨੁੱਖ ਚਾਰ ਵੇਦ (ਆਦਿਕ ਧਰਮ-ਪੁਸਤਕਾਂ ਨੂੰ) ਹੀ (ਨਿਰੇ) ਪੜ੍ਹਦੇ ਹਨ (ਪਰ ਨਿਰਾ ਪੜ੍ਹਨ ਨਾਲ ਕੀਹ ਬਣੇ?) । ਇਸ ਸੰਸਾਰ-ਸਮੁੰਦਰ ਵਿਚ (ਸਿਰਫ਼) ਸੰਤ ਜਨ ਹੀ (ਅਸਲ) ਸੁਖ ਮਾਣਦੇ ਹਨ ।੩।

ਹੇ ਕਬੀਰ! ਆਖ—ਸਾਰੀਆਂ ਵਿਚਾਰਾਂ ਦਾ ਨਿਚੋੜ ਇਹ ਹੈ ਕਿ ਸਭ ਪਦਾਰਥਾਂ ਦਾ ਮੋਹ ਛੱਡ ਕੇ ਪਰਮਾਤਮਾ ਦੇ ਨਾਮ ਦਾ ਰਸ ਪੀਣਾ ਚਾਹੀਦਾ ਹੈ ।੪।੫।

ਭਾਵ:- ਤੀਰਥਾਂ ਦੇ ਇਸ਼ਨਾਨ, ਕਈ ਤਰ੍ਹਾਂ ਦੇ ਭੇਖ, ਵੇਦ ਆਦਿਕ ਧਰਮ ਪੁਸਤਕਾਂ ਦੇ ਨਿਰੇ ਪਾਠ—ਅਜਿਹਾ ਕੋਈ ਕਰਮ ਭੀ ਸੱਚਾ ਸੁਖ ਨਹੀਂ ਦੇ ਸਕਦਾ । ਜਿਸ ਦੇ ਹਿਰਦੇ ਵਿਚ ਪ੍ਰਭੂ ਦੇ ਨਾਮ ਦਾ ਪਿਆਰ ਨਹੀਂ, ਉਸ ਨੇ ਜਮਾਂ ਦੇ ਹੀ ਵੱਸ ਪੈਣਾ ਹੈ । ਉੱਦਮਾਂ ਦੇ ਸਿਰ ਉੱਦਮ ਇਹੀ ਹੈ ਕਿ ਮੋਹ ਤਿਆਗ ਕੇ ਪ੍ਰਭੂ ਦਾ ਸਿਮਰਨ ਕਰੀਏ ।੫।

ਕਬੀਰ ਜੀ ਗਉੜੀ ॥ ਕਿਆ ਜਪੁ ਕਿਆ ਤਪੁ ਕਿਆ ਬ੍ਰਤ ਪੂਜਾ ॥ ਜਾ ਕੈ ਰਿਦੈ ਭਾਉ ਹੈ ਦੂਜਾ ॥੧॥ ਰੇ ਜਨ ਮਨੁ ਮਾਧਉ ਸਿਉ ਲਾਈਐ ॥ ਚਤੁਰਾਈ ਨ ਚਤੁਰਭੁਜੁ ਪਾਈਐ ॥ ਰਹਾਉ ॥ ਪਰਹਰੁ ਲੋਭੁ ਅਰੁ ਲੋਕਾਚਾਰੁ ॥ ਪਰਹਰੁ ਕਾਮੁ ਕ੍ਰੋਧੁ ਅਹੰਕਾਰੁ ॥੨॥ ਕਰਮ ਕਰਤ ਬਧੇ ਅਹੰਮੇਵ ॥ ਮਿਲਿ ਪਾਥਰ ਕੀ ਕਰਹੀ ਸੇਵ ॥੩॥ ਕਹੁ ਕਬੀਰ ਭਗਤਿ ਕਰਿ ਪਾਇਆ ॥ ਭੋਲੇ ਭਾਇ ਮਿਲੇ ਰਘੁਰਾਇਆ ॥੪॥੬॥ {ਪੰਨਾ 324}

ਪਦਅਰਥ:- ਜਾ ਕੈ ਰਿਦੈ—ਜਿਸ ਮਨੁੱਖ ਦੇ ਹਿਰਦੇ ਵਿਚ । ਦੂਜਾ ਭਾਉ—ਪਰਮਾਤਮਾ ਤੋਂ ਬਿਨਾ ਕਿਸੇ ਹੋਰ ਦਾ ਪਿਆਰ । ਕਿਆ—ਕਾਹਦਾ? ਕਿਸ ਅਰਥ? ਕਿਸ ਭਾ? ਕਿਸੇ ਅਰਥ ਨਹੀਂ ।੧।

ਰੇ ਜਨ—ਹੇ ਭਾਈ! ਮਾਧਉ—ਮਾਧਵ {ਮਾ—ਮਾਇਆ । ਧਵ—ਪਤੀ} ਮਾਇਆ ਦਾ ਪਤੀ ਪ੍ਰਭੂ । ਸਿਉ—ਨਾਲ । ਚਤੁਰਾਈ—ਸਿਆਣਪਾਂ ਨਾਲ । ਚਤੁਰਭੁਜੁ—{ਚਾਰ ਬਾਹਵਾਂ ਵਾਲਾ} ਪਰਮਾਤਮਾ । ਨ ਪਾਈਐ—

ਨਹੀਂ ਮਿਲਦਾ ।੧।ਰਹਾਉ।

ਪਰਹਰੁ—{ਸੰ: ਪਰਿ+ਹ੍ਰਿ=ਤਿਆਗ ਦੇਣਾ} ਛੱਡ ਦੇਹ । ਲੋਕਾਚਾਰੁ—ਲੋਕਾਂ ਨੂੰ ਹੀ ਵਿਖਾਉਣ ਵਾਲਾ ਕੰਮ, ਵਿਖਾਵਾ, ਲੋਕ-ਪਤੀਆਵਾ ।੨।

ਕਰਮ—ਕਰਮ-ਕਾਂਡ, ਧਾਰਮਿਕ ਰਸਮਾਂ । ਅਹੰਮੇਵ—{ਅਹੰ—ਮੈਂ । ਏਵ—ਹੀ ।} 'ਮੈਂ ਮੈਂ' ਦਾ ਖ਼ਿਆਲ; ਅਹੰਕਾਰ । ਬਧੇ—ਬੱਝ ਗਏ ਹਨ । ਮਿਲਿ—ਮਿਲ ਕੇ । ਕਰਹੀ—ਕਰਹਿ, ਕਰਦੇ ਹਨ । ਸੇਵ—ਸੇਵਾ ।੩।

ਕਰਿ—ਕਰ ਕੇ, ਕਰਨ ਨਾਲ । ਪਾਇਆ—ਮਿਲਦਾ ਹੈ । ਭੋਲੇ ਭਾਇ—ਭੋਲੇ ਸੁਭਾਉ ਨਾਲ । ਰਘੁਰਾਇਆ—ਪ੍ਰਭੂ ।੪।

ਅਰਥ:- ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਦਾ ਪਿਆਰ ਹੈ, ਉਸ ਦਾ ਜਪ ਕਰਨਾ ਕਿਸ ਭਾ? ਉਸ ਦਾ ਤਪ ਕਿਸ ਅਰਥ? ਉਸ ਦੇ ਵਰਤ ਤੇ ਪੂਜਾ ਕਿਹੜੇ ਗੁਣ? ।੨।

ਹੇ ਭਾਈ! ਮਨ ਨੂੰ ਪਰਮਾਤਮਾ ਨਾਲ ਜੋੜਨਾ ਚਾਹੀਦਾ ਹੈ (ਸਿਮਰਨ ਛੱਡ ਕੇ ਹੋਰ) ਸਿਆਣਪਾਂ ਨਾਲ ਰੱਬ ਨਹੀਂ ਮਿਲ ਸਕਦਾ ।੧।ਰਹਾਉ।

(ਹੇ ਭਾਈ!) ਲਾਲਚ, ਵਿਖਾਵਾ, ਕਾਮ, ਕ੍ਰੋਧ ਅਤੇ ਅਹੰਕਾਰ ਛੱਡ ਦੇਹ ।੨।

ਮਨੁੱਖ ਧਾਰਮਿਕ ਰਸਮਾਂ ਕਰਦੇ ਕਰਦੇ ਹਉਮੈ ਵਿਚ ਬੱਝੇ ਪਏ ਹਨ, ਅਤੇ ਰਲ ਕੇ ਪੱਥਰਾਂ ਦੀ (ਹੀ) ਪੂਜਾ ਕਰ ਰਹੇ ਹਨ (ਪਰ ਇਹ ਸਭ ਕੁਝ ਵਿਅਰਥ ਹੈ) ।੩।

ਹੇ ਕਬੀਰ! ਆਖ—ਪਰਮਾਤਮਾ ਬੰਦਗੀ ਕਰਨ ਨਾਲ (ਹੀ) ਮਿਲਦਾ ਹੈ, ਭੋਲੇ ਸੁਭਾਉ ਨਾਲ ਮਿਲਦਾ ਹੈ ।੪।੬।

ਸ਼ਬਦ ਦਾ ਭਾਵ:- ਮਾਇਆ ਦੀ ਖ਼ਾਤਰ ਤੇ ਲੋਕ-ਵਿਖਾਵੇ ਦੀ ਖ਼ਾਤਰ ਮਨੁੱਖ ਜਪ, ਤਪ ਆਦਿਕ ਕਰਮ ਕਰਦੇ ਹਨ, ਤੇ ਸਿਆਣੇ ਬਣ ਬਣ ਕੇ ਵਿਖਾਉਂਦੇ ਹਨ—ਇਹ ਰੱਬ ਨੂੰ ਮਿਲਣ ਦਾ ਰਾਹ ਨਹੀਂ ਹੈ । ਜੇ ਪ੍ਰਭੂ ਨੂੰ ਮਿਲਣਾ ਹੈ ਤਾਂ ਉਸ ਦੀ ਭਗਤੀ ਕਰੋ ਤੇ ਬਾਲ-ਬੁੱਧ ਰਹੋ ।੬।

ਨੋਟ:- ਭੋਲੇ ਸੁਭਾਉ (innocence) ਅਤੇ ਅਗਿਆਨਤਾ, ਨਾਵਾਕਫ਼ੀਅਤ (ignorance) ਵਿਚ ਫ਼ਰਕ ਸਮਝਣ ਦੀ ਲੋੜ ਹੈ । ਕਿਸੇ 'ਮੂਰਤੀ' ਦੀ ਬਾਬਤ ਕਦੇ ਇਹ ਸਮਝ ਲੈਣਾ ਕਿ ਇਹ ਪਰਮਾਤਮਾ ਹੈ—ਇਹ ਭੋਲਾ ਸੁਭਾਉ ਨਹੀਂ ਹੈ, ਇਹ ਨਾਵਾਕਫ਼ੀਅਤ ਹੈ, ਇਹ ਅੰਞਾਣਪੁਣਾ ਹੈ, ਇਹ ਅਗਿਆਨਤਾ ਹੈ । ਭੋਲਾ-ਪਣ ਛੋਟੇ ਬਾਲਕ ਦਾ ਸੁਭਾਉ ਹੈ; ਕਿਸੇ ਨਾਲ ਵੈਰ ਦੀ ਪੱਕੀ ਗੰਢ ਨਾਹ ਬੰਨ੍ਹ ਲੈਣੀ, ਇਹ ਭੋਲਾਪਣ ਹੈ; ਸਭ ਬੰਦੇ ਇਕੋ ਜਿਹੇ ਜਾਪਣੇ, ਉੱਚੇ ਨੀਵੇਂ ਦਾ ਵਿਤਕਰਾ ਨਾਹ ਹੋਣਾ—ਇਹ ਭੋਲਾ-ਪਣ ਹੈ ।

ਗਉੜੀ ਕਬੀਰ ਜੀ ॥ ਗਰਭ ਵਾਸ ਮਹਿ ਕੁਲੁ ਨਹੀ ਜਾਤੀ ॥ ਬ੍ਰਹਮ ਬਿੰਦੁ ਤੇ ਸਭ ਉਤਪਾਤੀ ॥੧॥ ਕਹੁ ਰੇ ਪੰਡਿਤ ਬਾਮਨ ਕਬ ਕੇ ਹੋਏ ॥ ਬਾਮਨ ਕਹਿ ਕਹਿ ਜਨਮੁ ਮਤ ਖੋਏ ॥੧॥ ਰਹਾਉ ॥ ਜੌ ਤੂੰ ਬ੍ਰਾਹਮਣੁ ਬ੍ਰਹਮਣੀ ਜਾਇਆ ॥ ਤਉ ਆਨ ਬਾਟ ਕਾਹੇ ਨਹੀ ਆਇਆ ॥੨॥ ਤੁਮ ਕਤ ਬ੍ਰਾਹਮਣ ਹਮ ਕਤ ਸੂਦ ॥ ਹਮ ਕਤ ਲੋਹੂ ਤੁਮ ਕਤ ਦੂਧ ॥੩॥ ਕਹੁ ਕਬੀਰ ਜੋ ਬ੍ਰਹਮੁ ਬੀਚਾਰੈ ॥ ਸੋ ਬ੍ਰਾਹਮਣੁ ਕਹੀਅਤੁ ਹੈ ਹਮਾਰੈ ॥੪॥੭॥ {ਪੰਨਾ 324}

ਪਦਅਰਥ:- ਗਰਭ ਵਾਸ—ਮਾਂ ਦੇ ਪੇਟ ਦਾ ਵਸੇਬਾ । ਜਾਤੀ—ਜਾਣੀ (ਕਿਸੇ ਨੇ ਭੀ) । ਬ੍ਰਹਮ ਬਿੰਦੁ—

ਪਰਮਾਤਮਾ ਦੀ ਅੰਸ਼ । ਬਿੰਦੁ ਤੇ—ਬਿੰਦ ਤੋਂ {ਨੋਟ:- ਲਫ਼ਜ਼ 'ਬਿੰਦੁ' ਸਦਾ ੁ ਅੰਤ ਰਹਿੰਦਾ ਹੈ, 'ਸੰਬੰਧਕ' (Preposition) ਦੇ ਨਾਲ ਭੀ ਇਹ (ੁ) ਕਾਇਮ ਰਹਿੰਦਾ ਹੈ} । ਉਤਪਾਤੀ—ਉਤਪੱਤੀ, ਹੋਂਦ, ਜਨਮ ।੧।

ਕਹੁ—ਦੱਸ । ਰੇ—ਹੇ! ਕਬ ਕੇ ਹੋਏ—ਕਦੋਂ ਦੇ ਬਣ ਗਏ ਹਨ (ਭਾਵ, ਮਾਂ ਦੇ ਪੇਟ ਵਿਚ ਤਾਂ ਸਭ ਜੀਵ ਇੱਕੋ ਜਿਹੇ ਹੁੰਦੇ ਹਨ, ਬਾਹਰ ਆ ਕੇ ਤੁਸੀ ਕਦੋਂ ਦੇ ਬ੍ਰਾਹਮਣ ਬਣ ਗਏ ਹੋ?) । ਕਹਿ ਕਹਿ—ਆਖ ਆਖ ਕੇ (ਭਾਵ, ਬ੍ਰਾਹਮਣ-ਪੁਣੇ ਦਾ ਮਾਣ ਕਰ ਕੇ, ਅਹੰਕਾਰ ਨਾਲ ਇਹ ਆਖ ਆਖ ਕੇ ਕਿ ਮੈਂ ਬ੍ਰਾਹਮਣ ਹਾਂ) । ਮਤ ਖੋਏ—ਨਾਹ ਗਵਾਓ ।੧।ਰਹਾਉ।

ਜੌ—ਜੇਕਰ । ਬ੍ਰਹਮਣੀ ਜਾਇਆ—ਬ੍ਰਾਹਮਣੀ ਤੋਂ ਜੰਮਿਆ ਹੋਇਆ । ਤਉ—ਤਾਂ । ਆਨ ਬਾਟ—(ਕਿਸੇ) ਹੋਰ ਰਾਹੇ । ਕਾਹੇ—ਕਿਉਂ? ਆਇਆ—ਜੰਮ ਪਿਆ ।੨।

ਕਤ—ਕਿਵੇਂ? ਹਮ—ਅਸੀ । ਸੂਦ—ਸ਼ੂਦਰ, ਨੀਵੀਂ ਜਾਤ ਦੇ । ਹਮ—ਅਸਾਡੇ (ਸਰੀਰ ਵਿਚ) ।੩।

ਜੋ—ਜੋ ਮਨੁੱਖ । ਬ੍ਰਹਮੁ—ਪਰਮਾਤਮਾ ਨੂੰ । ਬਿਚਾਰੈ—ਵਿਚਾਰਦਾ ਹੈ, ਸਿਮਰਦਾ ਹੈ, ਚੇਤੇ ਕਰਦਾ ਹੈ । ਸੋ—ਉਹ ਮਨੁੱਖ । ਕਹੀਅਤੁ ਹੈ—ਆਖੀਦਾ ਹੈ । ਹਮਾਰੈ—ਅਸਾਡੇ ਮਤ ਵਿਚ ।੪।੭।

ਅਰਥ:- ਸਾਰੇ ਜੀਵਾਂ ਦੀ ਉਤਪੱਤੀ ਪਰਮਾਤਮਾ ਦੀ ਅੰਸ਼ ਤੋਂ (ਹੋ ਰਹੀ) ਹੈ (ਭਾਵ, ਸਭ ਦਾ ਮੂਲ ਕਾਰਨ ਪਰਮਾਤਮਾ ਆਪ ਹੈ); ਮਾਂ ਦੇ ਪੇਟ ਵਿਚ ਤਾਂ ਕਿਸੇ ਨੂੰ ਇਹ ਸਮਝ ਨਹੀਂ ਹੁੰਦੀ ਕਿ ਮੈਂ ਕਿਸ ਕੁਲ ਦਾ ਹਾਂ ।੧।

ਦੱਸ, ਹੇ ਪੰਡਿਤ! ਤੁਸੀ ਬ੍ਰਾਹਮਣ ਕਦੋਂ ਦੇ ਬਣ ਗਏ ਹੋ? ਇਹ ਆਖ ਆਖ ਕੇ ਕਿ ਮੈਂ ਬ੍ਰਾਹਮਣ ਹਾਂ, ਮੈਂ ਬ੍ਰਾਹਮਣ ਹਾਂ, ਮਨੁੱਖਾ ਜਨਮ (ਅਹੰਕਾਰ ਵਿਚ ਅਜਾਈਂ) ਨਾਹ ਗਵਾਓ ।੧।ਰਹਾਉ।

ਜੇ (ਹੇ ਪੰਡਿਤ!) ਤੂੰ (ਸੱਚ-ਮੁੱਚ) ਬ੍ਰਾਹਮਣ ਹੈਂ ਤੇ ਬ੍ਰਾਹਮਣੀ ਦੇ ਪੇਟੋਂ ਜੰਮਿਆ ਹੈਂ, ਤਾਂ ਕਿਸੇ ਹੋਰ ਰਾਹੇ ਕਿਉਂ ਨਹੀਂ ਜੰਮ ਪਿਆ? ।੨।

(ਹੇ ਪੰਡਿਤ!) ਤੁਸੀ ਕਿਵੇਂ ਬ੍ਰਾਹਮਣ (ਬਣ ਗਏ)? ਅਸੀ ਕਿਵੇਂ ਸ਼ੂਦਰ (ਰਹਿ ਗਏ)? ਅਸਾਡੇ ਸਰੀਰ ਵਿਚ ਕਿਵੇਂ (ਨਿਰਾ) ਲਹੂ ਹੀ ਹੈ? ਤੁਹਾਡੇ ਸਰੀਰ ਵਿਚ ਕਿਵੇਂ (ਲਹੂ ਦੀ ਥਾਂ) ਦੁੱਧ ਹੈ? ।੨।

ਹੇ ਕਬੀਰ! ਆਖ—ਅਸੀ ਤਾਂ ਉਸ ਮਨੁੱਖ ਨੂੰ ਬ੍ਰਾਹਮਣ ਸੱਦਦੇ ਹਾਂ ਜੋ ਪਰਮਾਤਮਾ (ਬ੍ਰਹਮ) ਨੂੰ ਸਿਮਰਦਾ ਹੈ ।੪।੭।

ਭਾਵ:- ਜੋ ਮਨੁੱਖ ਉੱਚੀ ਜਾਤ ਦਾ ਮਾਣ ਕਰਦੇ ਹਨ, ਉਹ ਮਨੁੱਖਾ ਜਨਮ ਅਜਾਈਂ ਗਵਾਉਂਦੇ ਹਨ । ਸਾਰੇ ਜੀਵ ਪਰਮਾਤਮਾ ਦੀ ਅੰਸ਼ ਹਨ । ਉੱਚਾ ਉਹੀ ਹੈ ਜੋ ਪ੍ਰਭੂ ਦੀ ਬੰਦਗੀ ਕਰਦਾ ਹੈ ।੭।

ਗਉੜੀ ਕਬੀਰ ਜੀ ॥ ਅੰਧਕਾਰ ਸੁਖਿ ਕਬਹਿ ਨ ਸੋਈ ਹੈ ॥ ਰਾਜਾ ਰੰਕੁ ਦੋਊ ਮਿਲਿ ਰੋਈ ਹੈ ॥੧॥ ਜਉ ਪੈ ਰਸਨਾ ਰਾਮੁ ਨ ਕਹਿਬੋ ॥ ਉਪਜਤ ਬਿਨਸਤ ਰੋਵਤ ਰਹਿਬੋ ॥੧॥ ਰਹਾਉ ॥ ਜਸ ਦੇਖੀਐ ਤਰਵਰ ਕੀ ਛਾਇਆ ॥ ਪ੍ਰਾਨ ਗਏ ਕਹੁ ਕਾ ਕੀ ਮਾਇਆ ॥੨॥ ਜਸ ਜੰਤੀ ਮਹਿ ਜੀਉ ਸਮਾਨਾ ॥ ਮੂਏ ਮਰਮੁ ਕੋ ਕਾ ਕਰ ਜਾਨਾ ॥੩॥ ਹੰਸਾ ਸਰਵਰੁ ਕਾਲੁ ਸਰੀਰ ॥ ਰਾਮ ਰਸਾਇਨ ਪੀਉ ਰੇ ਕਬੀਰ ॥੪॥੮॥ {ਪੰਨਾ 325}

ਪਦਅਰਥ:- ਅੰਧਕਾਰ—ਹਨੇਰਾ, ਅਗਿਆਨਤਾ ਦਾ ਹਨੇਰਾ, ਪਰਮਾਤਮਾ ਨੂੰ ਭੁੱਲਣ-ਰੂਪ ਹਨੇਰਾ । ਸੁਖਿ—

ਸੁਖ ਵਿਚ । ਕਬਹਿ—ਕਦੇ । ਸੋਈ ਹੈ—ਸਵੀਂਦਾ, ਸੌਂ ਸਕੀਦਾ । ਰੰਕੁ—ਕੰਗਾਲ । ਦੋਊ—ਦੋਵੇਂ । ਰੋਈ ਹੈ—ਰੋਂਦੇ ਹਨ, ਦੁਖੀ ਹੁੰਦੇ ਹਨ । ਮਿਲਿ—ਮਿਲ ਕੇ, ਰਲ ਕੇ । ਦੋਊ ਮਿਲਿ—ਦੋਵੇਂ ਹੀ ।੧।

ਜਉਪੈ—ਜੇ ਕਰ, ਜਦ ਤਾਈਂ । ਰਸਨਾ—ਜੀਭ (ਨਾਲ) । ਕਹਿਬੋ—ਕਹਿੰਦੇ, ਸਿਮਰਦੇ, ਉੱਚਾਰਦੇ । ਉਪਜਤ—ਜੰਮਦੇ । ਬਿਨਸਤ—ਮਰਦੇ । ਰੋਵਤ—ਰੋਂਦੇ । ਰਹਿਬੋ—ਰਹੋਗੇ ।੧।ਰਹਾਉ।

ਜਸ—ਜਿਵੇਂ । ਤਰਵਰ—ਰੁੱਖ । ਕਹੁ—ਦੱਸੋ । ਕਾਂ ਕੀ—ਕਿਸ ਦੀ (ਭਾਵ, ਕਿਸੇ ਹੋਰ ਦੀ, ਬਿਗਾਨੀ) ।੨।

ਜਸ—ਜਿਵੇਂ । ਜੰਤੀ—(ਰਾਗ ਦਾ) ਸਾਜ਼ । ਜੀਉ—ਜਿੰਦ, ਰਾਗ ਦੀ ਜਿੰਦ, ਆਵਾਜ਼ । ਮਰਮੁ—ਭੇਤ । ਮੂਏ ਮਰਮੁ—ਮਰ ਗਏ ਪ੍ਰਾਣੀ ਦਾ ਭੇਤ (ਕਿ ਉਹ ਕਿੱਥੇ ਗਿਆ ਹੈ) । ਕੋ—ਕੋਈ ਮਨੁੱਖ । ਕਾ ਕਰਿ—ਕਿਵੇਂ? ।੩।

ਸਰਵਰੁ—ਸਰੋਵਰ, ਤਲਾਬ । ਕਾਲੁ—ਮੌਤ । ਰਸਾਇਨ—{ਰਸ-ਅਇਨ । ਅਇਨ—ਅਯਨ, ਘਰ} ਸਭ ਰਸਾਂ ਦਾ ਘਰ, ਨਾਮ-ਅੰਮ੍ਰਿਤ ।੪।

ਅਰਥ:- (ਪਰਮਾਤਮਾ ਨੂੰ ਭੁਲਾ ਕੇ ਅਗਿਆਨਤਾ ਦੇ) ਹਨੇਰੇ ਵਿਚ ਕਦੇ ਸੁਖੀ ਨਹੀਂ ਸੌਂ ਸਕੀਦਾ; ਰਾਜਾ ਹੋਵੇ ਚਾਹੇ ਕੰਗਾਲ, ਦੋਵੇਂ ਹੀ ਦੁਖੀ ਹੁੰਦੇ ਹਨ ।੧।

(ਹੇ ਭਾਈ!) ਜਦ ਤਕ ਜੀਭ ਨਾਲ ਪਰਮਾਤਮਾ ਨੂੰ ਨਹੀਂ ਜਪਦੇ, ਤਦ ਤਕ ਜੰਮਦੇ ਮਰਦੇ ਤੇ (ਇਸੇ ਦੁੱਖ ਵਿਚ) ਰੋਂਦੇ ਰਹੋਗੇ ।੧।ਰਹਾਉ।

ਜਿਵੇਂ ਰੁੱਖ ਦੀ ਛਾਂ ਵੇਖੀਦੀ ਹੈ (ਭਾਵ, ਜਿਵੇਂ ਰੁੱਖ ਦੀ ਛਾਂ ਸਦਾ ਟਿਕੀ ਨਹੀਂ ਰਹਿੰਦੀ, ਤਿਵੇਂ ਇਸ ਮਾਇਆ ਦਾ ਹਾਲ ਹੈ); ਜਦੋਂ ਮਨੁੱਖ ਦੇ ਪ੍ਰਾਣ ਨਿਕਲ ਜਾਂਦੇ ਹਨ ਤਾਂ ਦੱਸੋ, ਇਹ ਮਾਇਆ ਕਿਸ ਦੀ ਹੁੰਦੀ ਹੈ? (ਭਾਵ, ਕਿਸੇ ਹੋਰ ਦੀ ਬਣ ਜਾਂਦੀ ਹੈ, ਤਾਂ ਤੇ ਇਸ ਦਾ ਕੀਹ ਮਾਣ?) ।੨।

ਜਿਵੇਂ (ਜਦੋਂ ਗਵਈਆ ਆਪਣਾ ਹੱਥ ਸਾਜ਼ ਤੋਂ ਹਟਾ ਲੈਂਦਾ ਹੈ, ਤਾਂ) ਰਾਗ ਦੀ ਅਵਾਜ਼ ਸਾਜ਼ ਦੇ ਵਿਚ (ਹੀ) ਲੀਨ ਹੋ ਜਾਂਦੀ ਹੈ (ਕੋਈ ਦੱਸ ਨਹੀਂ ਸਕਦਾ ਕਿ ਉਹ ਕਿਥੇ ਗਈ, ਤਿਵੇਂ ਮਰੇ ਮਨੁੱਖ ਦਾ ਭੇਤ (ਕਿ ਉਸ ਦੀ ਜਿੰਦ ਕਿਥੇ ਗਈ) ਕੋਈ ਮਨੁੱਖ ਕਿਵੇਂ ਜਾਣ ਸਕਦਾ ਹੈ? ।੩।

ਜਿਵੇਂ ਹੰਸਾਂ ਨੂੰ ਸਰੋਵਰ ਹੈ (ਭਾਵ, ਜਿਵੇਂ ਹੰਸ ਸਰੋਵਰ ਦੇ ਨੇੜੇ ਹੀ ਉੱਡਦੇ ਰਹਿੰਦੇ ਹਨ) ਤਿਵੇਂ ਮੌਤ ਸਰੀਰਾਂ (ਲਈ) ਹੈ । ਤਾਂ ਤੇ ਹੇ ਕਬੀਰ! ਸਭ ਰਸਾਂ ਤੋਂ ਸ੍ਰੇਸ਼ਟ ਨਾਮ-ਰਸ ਪੀ ।੪।੮।

ਭਾਵ:- ਪਰਮਾਤਮਾ ਦਾ ਨਾਮ ਜਪਣ ਤੋਂ ਬਿਨਾ ਨਿਰਾ ਦੁੱਖ ਹੀ ਦੁੱਖ ਹੈ । ਇਹ ਮਾਇਆ ਤੇ ਇਹ ਸਰੀਰ ਭੀ ਅੰਤ ਸਾਥ ਨਹੀਂ ਦੇਂਦੇ । ਨਾਮ ਹੀ ਅਸਲ ਸਾਥੀ ਤੇ ਸੁਖਾਂ ਦਾ ਮੂਲ ਹੈ ।੮।

ਗਉੜੀ ਕਬੀਰ ਜੀ ॥ ਜੋਤਿ ਕੀ ਜਾਤਿ ਜਾਤਿ ਕੀ ਜੋਤੀ ॥ ਤਿਤੁ ਲਾਗੇ ਕੰਚੂਆ ਫਲ ਮੋਤੀ ॥੧॥ ਕਵਨੁ ਸੁ ਘਰੁ ਜੋ ਨਿਰਭਉ ਕਹੀਐ ॥ ਭਉ ਭਜਿ ਜਾਇ ਅਭੈ ਹੋਇ ਰਹੀਐ ॥੧॥ ਰਹਾਉ ॥ ਤਟਿ ਤੀਰਥਿ ਨਹੀ ਮਨੁ ਪਤੀਆਇ ॥ ਚਾਰ ਅਚਾਰ ਰਹੇ ਉਰਝਾਇ ॥੨॥ ਪਾਪ ਪੁੰਨ ਦੁਇ ਏਕ ਸਮਾਨ ॥ ਨਿਜ ਘਰਿ ਪਾਰਸੁ ਤਜਹੁ ਗੁਨ ਆਨ ॥੩॥ ਕਬੀਰ ਨਿਰਗੁਣ ਨਾਮ ਨ ਰੋਸੁ ॥ ਇਸੁ ਪਰਚਾਇ ਪਰਚਿ ਰਹੁ ਏਸੁ ॥੪॥੯॥ {ਪੰਨਾ 325}

ਪਦਅਰਥ:- ਜੋਤਿ—(ਰੱਬੀ) ਨੂਰ, ਪਰਮਾਤਮਾ । ਕੀ—ਦੀ (ਬਣਾਈ ਹੋਈ) । ਜਾਤਿ—ਪੈਦਾਇਸ਼, ਸ੍ਰਿਸ਼ਟੀ

। ਜਾਤਿ ਕੀ ਜੋਤਿ—(ਇਸ) ਸ੍ਰਿਸ਼ਟੀ (ਦੇ ਜੀਵਾਂ) ਦੀ ਹੈ ਜੋ ਬੁੱਧ । ਤਿਤੁ—ਉਸ (ਬੁੱਧ) ਵਿਚ । ਕੰਚੂਆ—ਕੱਚ ।੧।

ਕਵਨੁ—ਕਿਹੜਾ? ਘਰੁ—ਟਿਕਾਣਾ । ਨਿਰਭਉ—ਡਰ ਤੋਂ ਖ਼ਾਲੀ । ਭਜਿ ਜਾਇ—ਦੂਰ ਹੋ ਜਾਏ । ਅਭੈ—{ਅ-ਭੈ} ਨਿਡਰ ।੧।ਰਹਾਉ।

ਤਟਿ—ਤਟ ਉਤੇ, ਕੰਢੇ ਤੇ (ਕਿਸੇ ਪਵਿੱਤ੍ਰ ਨਦੀ ਦੇ) ਕਿਨਾਰੇ ਤੇ । ਤੀਰਥਿ—ਤੀਰਥ ਉਤੇ । ਪਤੀਆਇ—ਪਤੀਜਦਾ, ਧੀਰਜ ਕਰਦਾ, ਟਿਕਾਣੇ ਆਉਂਦਾ । ਚਾਰ—ਚੰਗੇ (ਕੰਮ) । ਅਚਾਰ—{ਅ-ਚਾਰ} ਮੰਦੇ ਕੰਮ । ਰਹੇ ਉਰਝਾਇ—ਉਲਝ ਰਹੇ ਹਨ, ਫਸ ਰਹੇ ਹਨ ।੨।

ਦੁਇ—ਦੋਵੇਂ । ਏਕ ਸਮਾਨ—ਇਕੋ ਜਿਹੇ (ਭਾਵ, ਦੋਵੇਂ ਹੀ ਮਨ ਨੂੰ ਵਾਸ਼ਨਾ ਦੇ ਵਿਚ ਹੀ ਰੱਖਦੇ ਹਨ) । ਨਿਜ ਘਰਿ—ਆਪਣੇ ਘਰ ਵਿਚ, ਆਪਣੇ ਅੰਦਰ ਹੀ । ਪਾਰਸੁ—ਲੋਹੇ ਆਦਿਕ ਨੂੰ ਸੋਨਾ ਬਣਾਉਣ ਵਾਲਾ (ਨੀਵੇਂ ਤੋਂ ਉੱਚਾ ਕਰਨ ਵਾਲਾ ਪ੍ਰਭੂ) । ਤਜਹੁ—ਛੱਡ ਦਿਓ । ਆਨ—ਹੋਰ ।੩।

ਨਿਰਗੁਣ—{ਨਿਰ-ਗੁਣ} ਤਿੰਨਾਂ ਗੁਣਾਂ ਤੋਂ ਰਹਿਤ, ਜੋ ਮਾਇਆ ਦੇ ਤਿੰਨਾਂ ਗੁਣਾਂ ਤੋਂ ਉੱਚਾ ਹੈ । ਨਿਰਗੁਣ ਨਾਮ—ਮਾਇਆ ਦੇ ਪ੍ਰਭਾਵ ਤੋਂ ਉੱਚੇ ਪ੍ਰਭੂ ਦਾ ਨਾਮ । ਨ ਰੋਸੁ—ਨਾਹ ਰੁੱਸ, ਨਾਹ ਭੁਲਾ । ਇਸੁ—ਇਸ (ਮਨ) ਨੂੰ । ਪਰਚਾਇ—ਰੁਝ ਕੇ, ਲਾ ਕੇ । ਪਰਚਿ ਰਹੁ—ਪਤੀਜਿਆ ਰਹੁ, ਰੁੱਝਿਆ ਰਹੁ । ਏਸੁ—ਇਸ (ਨਾਮ) ਵਿਚ ।੪।੯।

ਅਰਥ:- ਪਰਮਾਤਮਾ ਦੀ ਬਣਾਈ ਹੋਈ (ਸਾਰੀ) ਸ੍ਰਿਸ਼ਟੀ ਹੈ; ਇਸ ਸ੍ਰਿਸ਼ਟੀ ਦੇ (ਜੀਵਾਂ) ਦੀ (ਜੋ) ਬੁੱਧੀ (ਹੈ ਉਸ) ਨੂੰ ਕੱਚ ਤੇ ਮੋਤੀ ਫਲ ਲੱਗੇ ਹੋਏ ਹਨ (ਭਾਵ, ਕੋਈ ਭਲੇ ਪਾਸੇ ਲੱਗੇ ਹੋਏ ਹਨ, ਤੇ ਕੋਈ ਮੰਦੇ ਪਾਸੇ) ।੧।

ਉਹ ਕਿਹੜਾ ਥਾਂ ਹੈ ਜੋ ਡਰ ਤੋਂ ਖ਼ਾਲੀ ਹੈ? (ਜਿਥੇ ਰਿਹਾਂ ਹਿਰਦੇ ਦਾ) ਡਰ ਦੂਰ ਹੋ ਸਕਦਾ ਹੈ, ਜਿਥੇ ਨਿਡਰ ਹੋ ਕੇ ਰਹਿ ਸਕੀਦਾ ਹੈ? ।੧।ਰਹਾਉ।

ਕਿਸੇ (ਪਵਿਤ੍ਰ ਨਦੀ ਦੇ) ਕੰਢੇ ਜਾਂ ਤੀਰਥ ਤੇ (ਜਾ ਕੇ ਭੀ) ਮਨ ਥਾਵੇਂ ਨਹੀਂ ਆਉਂਦਾ, ਓਥੇ ਭੀ ਲੋਕ ਪੁੰਨ-ਪਾਪ ਵਿਚ ਰੁੱਝੇ ਪਏ ਹਨ ।੨।

(ਪਰ) ਪਾਪ ਅਤੇ ਪੁੰਨ ਦੋਵੇਂ ਹੀ ਇਕੋ ਜਿਹੇ ਹਨ (ਭਾਵ, ਦੋਵੇਂ ਹੀ ਵਾਸ਼ਨਾ ਵਲ ਦੁੜਾਈ ਫਿਰਦੇ ਹਨ), (ਹੇ ਮਨ! ਨੀਚੋਂ ਊਚ ਕਰਨ ਵਾਲਾ) ਪਾਰਸ (ਪ੍ਰਭੂ) ਤੇਰੇ ਆਪਣੇ ਅੰਦਰ ਹੀ ਹੈ, (ਤਾਂ ਤੇ, ਪਾਪ ਪੁੰਨ ਵਾਲੇ) ਹੋਰ ਗੁਣ (ਅੰਦਰ ਧਾਰਨੇ) ਛੱਡ ਦੇਹ (ਅਤੇ ਪ੍ਰਭੂ ਨੂੰ ਆਪਣੇ ਅੰਦਰ ਸੰਭਾਲ) ।੩।

ਹੇ ਕਬੀਰ! ਮਾਇਆ ਦੇ ਮੋਹ ਤੋਂ ਉੱਚੇ ਪ੍ਰਭੂ ਦੇ ਨਾਮ ਨੂੰ ਨਾਹ ਭੁਲਾ; ਆਪਣੇ ਮਨ ਨੂੰ ਨਾਮ ਜਪਣ ਦੇ ਆਹਰੇ ਲਾ ਕੇ ਨਾਮ ਵਿਚ ਰੁੱਝਿਆ ਰਹੁ ।੪।੯।

ਸ਼ਬਦ ਦਾ ਭਾਵ:- ਤੀਰਥਾਂ ਉੱਤੇ ਜਾ ਕੇ ਭੀ ਲੋਕ ਪੁੰਨ-ਪਾਪ ਆਦਿਕ ਕਰਮਾਂ ਵਿਚ ਰੁੱਝੇ ਰਹਿੰਦੇ ਹਨ, ਮਨ ਨੂੰ ਨਿਰਭੈਤਾ ਇਸ ਤਰ੍ਹਾਂ ਭੀ ਨਹੀਂ ਮਿਲਦੀ । ਪ੍ਰਭੂ ਦਾ ਇਕ ਨਾਮ ਹੀ ਹੈ ਜਿਸ ਵਿਚ ਜੁੜੇ ਰਿਹਾਂ ਮਨ ਅਡੋਲ ਰਹਿ ਸਕਦਾ ਹੈ ਤੇ ਉਹ ਨਾਮ ਮਨੁੱਖ ਦੇ ਅੰਦਰ ਹੀ ਹੈ ।੯।

ਗਉੜੀ ਕਬੀਰ ਜੀ ॥ ਜੋ ਜਨ ਪਰਮਿਤਿ ਪਰਮਨੁ ਜਾਨਾ ॥ ਬਾਤਨ ਹੀ ਬੈਕੁੰਠ ਸਮਾਨਾ ॥੧॥ ਨਾ ਜਾਨਾ ਬੈਕੁੰਠ ਕਹਾ ਹੀ ॥ ਜਾਨੁ ਜਾਨੁ ਸਭਿ ਕਹਹਿ ਤਹਾ ਹੀ ॥੧॥ ਰਹਾਉ ॥ ਕਹਨ ਕਹਾਵਨ ਨਹ

ਪਤੀਅਈ ਹੈ ॥ ਤਉ ਮਨੁ ਮਾਨੈ ਜਾ ਤੇ ਹਉਮੈ ਜਈ ਹੈ ॥੨॥ ਜਬ ਲਗੁ ਮਨਿ ਬੈਕੁੰਠ ਕੀ ਆਸ ॥ ਤਬ ਲਗੁ ਹੋਇ ਨਹੀ ਚਰਨ ਨਿਵਾਸੁ ॥੩॥ ਕਹੁ ਕਬੀਰ ਇਹ ਕਹੀਐ ਕਾਹਿ ॥ ਸਾਧਸੰਗਤਿ ਬੈਕੁੰਠੈ ਆਹਿ ॥੪॥੧੦॥ {ਪੰਨਾ 325}

ਪਦਅਰਥ:- ਜੋ ਜਨ—ਜਿਹੜੇ ਮਨੁੱਖ । ਪਰਮਿਤਿ—{ਮਿਤਿ—ਅੰਦਾਜ਼ਾ, ਮਿਣਤੀ, ਹੱਦ-ਬੰਨਾ} ਜੋ ਮਿਣਤੀ ਤੋਂ ਪਰੇ ਹੈ, ਜਿਸ ਦਾ ਹੱਦ-ਬੰਨਾ ਲੱਭਿਆ ਨਹੀਂ ਜਾ ਸਕਦਾ । ਪਰਮਨੁ—ਜੋ ਮਨੁ ਦੀ ਕਲਪਣਾ ਤੋਂ ਪਰੇ ਹੈ, ਜਿਸ ਦਾ ਸਹੀ ਮੁਕੰਮਲ ਸਰੂਪ ਮਨ ਦੀ ਵਿਚਾਰ ਵਿਚ ਨਹੀਂ ਆ ਸਕਦਾ । ਜਾਨਾ—ਜਾਣ ਲਿਆ ਹੈ । ਬਾਤਨ ਹੀ—ਨਿਰੀਆਂ ਗੱਲਾਂ ਨਾਲ ਹੀ । ਸਮਾਨਾ—ਸਮਾਏ ਹਨ, ਅੱਪੜੇ ਹਨ ।੧।

ਨਾ ਜਾਨਾ—ਮੈਂ ਨਹੀਂ ਜਾਣਦਾ, ਮੈਨੂੰ ਪਤਾ ਨਹੀਂ । ਕਹਾ ਹੀ—ਕਿਥੇ ਹੈ? ਜਾਨੁ ਜਾਨੁ—ਚੱਲਣਾ ਹੈ, ਚੱਲਣਾ ਹੈ । ਤਹਾ ਹੀ—ਓਥੇ ।੧।ਰਹਾਉ।

ਕਹਨ ਕਹਾਵਨ—ਆਖਣ ਅਖਾਉਣ ਨਾਲ, ਆਖਣ ਸੁਣਨ ਨਾਲ । ਪਤੀਅਈ ਹੈ—ਪਤੀਜ ਸਕੀਦਾ, ਤਸੱਲੀ ਹੋ ਸਕਦੀ, ਪਰਚ ਸਕੀਦਾ । ਤਉ—ਤਦੋਂ ਹੀ । ਮਾਨੈ—ਮੰਨਦਾ ਹੈ, ਪਤੀਜਦਾ ਹੈ । ਜਾ ਤੇ—ਜਦੋਂ । ਜਈ ਹੈ—ਦੂਰ ਹੋ ਜਾਏ ।੨।

ਮਨਿ—ਮਨ ਵਿਚ । ਚਰਨ ਨਿਵਾਸੁ—(ਪ੍ਰਭੂ ਦੇ) ਚਰਨਾਂ ਵਿਚ ਨਿਵਾਸ ।੩।

ਕਾਹਿ—ਕਿਵੇਂ? ਕਹੀਐ—ਸਮਝਾ ਕੇ ਦੱਸੀਏ । ਆਹਿ—ਹੈ ।੪।੧੦।

ਅਰਥ:- ਜੋ ਮਨੁੱਖ (ਨਿਰਾ ਆਖਦੇ ਹੀ ਹਨ ਕਿ) ਅਸਾਂ ਉਸ ਪ੍ਰਭੂ ਨੂੰ ਜਾਣ ਲਿਆ ਹੈ, ਜਿਸ ਦਾ ਹੱਦ-ਬੰਨਾ ਨਹੀਂ ਲੱਭਿਆ ਜਾ ਸਕਦਾ ਤੇ ਜੋ ਮਨ ਦੀ ਪਹੁੰਚ ਤੋਂ ਪਰੇ ਹੈ, ਉਹ ਮਨੁੱਖ ਨਿਰੀਆਂ ਗੱਲਾਂ ਨਾਲ ਹੀ ਬੈਕੁੰਠ ਵਿਚ ਅੱਪੜੇ ਹਨ (ਭਾਵ, ਉਹ ਗੱਪਾਂ ਹੀ ਮਾਰ ਰਹੇ ਹਨ, ਉਹਨਾਂ ਬੈਕੁੰਠ ਅਸਲ ਵਿਚ ਡਿੱਠਾ ਨਹੀਂ ਹੈ) ।੧।

ਮੈਨੂੰ ਤਾਂ ਪਤਾ ਨਹੀਂ, ਉਹ ਬੈਕੁੰਠ ਕਿੱਥੇ ਹੈ, ਜਿੱਥੇ ਇਹ ਸਾਰੇ ਲੋਕ ਆਖਦੇ ਹਨ, ਚੱਲਣਾ ਹੈ, ਚੱਲਣਾ ਹੈ ।੧।ਰਾਹਉ।

ਨਿਰਾ ਇਹ ਆਖਣ ਨਾਲ ਤੇ ਸੁਣਨ ਨਾਲ (ਕਿ ਅਸਾਂ ਬੈਕੁੰਠ ਵਿਚ ਜਾਣਾ ਹੈ) ਮਨ ਨੂੰ ਤਸੱਲੀ ਨਹੀਂ ਹੋ ਸਕਦੀ; ਮਨ ਨੂੰ ਤਦੋਂ ਹੀ ਧੀਰਜ ਆ ਸਕਦੀ ਹੈ ਜੇ ਅਹੰਕਾਰ ਦੂਰ ਹੋ ਜਾਏ ।੨।

(ਇੱਕ ਗੱਲ ਹੋਰ ਚੇਤੇ ਰੱਖਣ ਵਾਲੀ ਹੈ ਕਿ) ਜਦ ਤਕ ਮਨ ਵਿਚ ਬੈਕੁੰਠ ਜਾਣ ਦੀ ਤਾਂਘ ਲੱਗੀ ਹੋਈ ਹੈ, ਤਦ ਤਕ ਪ੍ਰਭੂ ਦੇ ਚਰਨਾਂ ਵਿਚ ਮਨ ਜੁੜ ਨਹੀਂ ਸਕਦਾ ।੩।

ਹੇ ਕਬੀਰ! ਆਖ—ਇਹ ਗੱਲ ਕਿਵੇਂ ਸਮਝਾ ਕੇ ਦੱਸੀਏ (ਭਾਵ, ਇਹ ਗੱਲ ਪਰਤੱਖ ਹੀ ਹੈ) ਕਿ ਸਾਧ-ਸੰਗਤ ਹੀ (ਅਸਲੀ) ਬੈਕੁੰਠ ਹੈ ।੪।੧੦।

ਭਾਵ:- ਅਸਲ ਬੈਕੁੰਠ ਸਾਧ-ਸੰਗਤ ਹੈ, ਇੱਥੇ ਹੀ ਮਨ ਦੀ ਹਉਮੈ ਦੂਰ ਹੋ ਸਕਦੀ ਹੈ, ਇੱਥੇ ਹੀ ਮਨ ਪ੍ਰਭੂ ਦੇ ਚਰਨਾਂ ਵਿਚ ਜੁੜ ਸਕਦਾ ਹੈ ।੧੦।

ਗਉੜੀ ਕਬੀਰ ਜੀ ॥ ਉਪਜੈ ਨਿਪਜੈ ਨਿਪਜਿ ਸਮਾਈ ॥ ਨੈਨਹ ਦੇਖਤ ਇਹੁ ਜਗੁ ਜਾਈ ॥੧॥ ਲਾਜ ਨ ਮਰਹੁ ਕਹਹੁ ਘਰੁ ਮੇਰਾ ॥ ਅੰਤ ਕੀ ਬਾਰ ਨਹੀ ਕਛੁ ਤੇਰਾ ॥੧॥ ਰਹਾਉ ॥ ਅਨਿਕ

ਜਤਨ ਕਰਿ ਕਾਇਆ ਪਾਲੀ ॥ ਮਰਤੀ ਬਾਰ ਅਗਨਿ ਸੰਗਿ ਜਾਲੀ ॥੨॥ ਚੋਆ ਚੰਦਨੁ ਮਰਦਨ ਅੰਗਾ ॥ ਸੋ ਤਨੁ ਜਲੈ ਕਾਠ ਕੈ ਸੰਗਾ ॥੩॥ ਕਹੁ ਕਬੀਰ ਸੁਨਹੁ ਰੇ ਗੁਨੀਆ ॥ ਬਿਨਸੈਗੋ ਰੂਪੁ ਦੇਖੈ ਸਭ ਦੁਨੀਆ ॥੪॥੧੧॥ {ਪੰਨਾ 325}

ਪਦਅਰਥ:- ਉਪਜੈ—ਉੱਗਦਾ ਹੈ, ਮੁੱਢ ਬੱਝਦਾ ਹੈ । ਨਿਪਜੈ—ਨਿੰਮਦਾ ਹੈ, ਵਜੂਦ ਵਿਚ ਆਉਂਦਾ ਹੈ । ਨਿਪਜਿ—ਬਣ ਕੇ, ਵਜੂਦ ਵਿਚ ਆ ਕੇ । ਸਮਾਈ—ਨਾਸ ਹੋ ਜਾਂਦਾ ਹੈ । ਨੈਨਹੁ ਦੇਖਤ—ਅੱਖੀਂ ਵੇਖਦਿਆਂ । ਜਾਈ—ਚਲਾ ਜਾਂਦਾ ਹੈ, ਤੁਰਿਆ ਜਾ ਰਿਹਾ ਹੈ ।੧।

ਲਾਜ—ਸ਼ਰਮ । ਕਹਹੁ—ਤੁਸੀ ਆਖਦੇ ਹੋ । ਅੰਤ ਕੀ ਬਾਰ—ਜਿਸ ਵੇਲੇ ਮੌਤ ਆਵੇਗੀ ।੧।ਰਹਾਉ।

ਕਾਇਆ—ਸਰੀਰ । ਮਰਤੀ ਬਾਰ—ਮਰਨ ਵੇਲੇ । ਜਾਲੀ—ਸਾੜੀਦੀ ਹੈ ।੨।

ਚੋਆ—ਅਤਰ । ਮਰਦਨ—ਮਾਲਸ਼ । ਅੰਗਾ—ਸਰੀਰ ਦੇ ਅੰਗਾਂ ਨੂੰ । ਜਲੈ—ਸੜ ਜਾਂਦਾ ਹੈ । ਕਾਠ ਕੈ ਸੰਗਾ—ਲੱਕੜਾਂ ਨਾਲ ।੩।

ਰੇ ਗੁਨੀਆ—ਹੇ ਵਿਚਾਰਵਾਨ ਮਨੁੱਖ! ਬਿਨਸੈਗੋ—ਨਾਸ ਜੋ ਜਾਇਗਾ ।੪।੧੧।

ਅਰਥ:- (ਪਹਿਲਾਂ ਇਸ ਜੀਵ ਦਾ ਪਿਤਾ ਦੀ ਬਿੰਦ ਤੋਂ) ਮੁੱਢ ਬੱਝਦਾ ਹੈ, (ਫਿਰ ਮਾਂ ਦੇ ਪੇਟ ਵਿਚ ਇਹ) ਵਜੂਦ ਵਿਚ ਆਉਂਦਾ ਹੈ; ਵਜੂਦ ਵਿਚ ਆ ਕੇ (ਮੁੜ) ਨਾਸ ਹੋ ਜਾਂਦਾ ਹੈ । (ਸੋ) ਅਸਾਡੇ ਅਖੀਂ ਵੇਖਦਿਆਂ ਹੀ ਇਹ ਸੰਸਾਰ (ਇਸੇ ਤਰ੍ਹਾਂ) ਤੁਰਿਆ ਜਾ ਰਿਹਾ ਹੈ ।੧।

(ਤਾਂ ਤੇ, ਹੇ ਜੀਵ!) ਸ਼ਰਮ ਨਾਲ ਕਿਉਂ ਨਹੀਂ ਡੁੱਬ ਮਰਦਾ (ਭਾਵ, ਤੂੰ ਝੱਕਦਾ ਕਿਉਂ ਨਹੀਂ) ਜਦੋਂ ਤੂੰ ਇਹ ਆਖਦਾ ਹੈਂ ਕਿ ਇਹ ਘਰ ਮੇਰਾ ਹੈ? (ਚੇਤੇ ਰੱਖ) ਜਿਸ ਵੇਲੇ ਮੌਤ ਆਵੇਗੀ, ਤਦੋਂ ਕੋਈ ਭੀ ਚੀਜ਼ ਤੇਰੀ ਨਹੀਂ ਰਹੇਗੀ ।੧।ਰਹਾਉ।

ਅਨੇਕਾਂ ਜਤਨ ਕਰ ਕੇ ਇਹ ਸਰੀਰ ਪਾਲੀਦਾ ਹੈ; ਪਰ ਜਦੋਂ ਮੌਤ ਆਉਂਦੀ ਹੈ, ਇਸ ਨੂੰ ਅੱਗ ਨਾਲ ਸਾੜ ਦੇਈਦਾ ਹੈ ।੨।

(ਜਿਸ ਸਰੀਰ ਦੇ) ਅੰਗਾਂ ਨੂੰ ਅਤਰ ਤੇ ਚੰਦਨ ਮਲੀਦਾ ਹੈ, ਉਹ ਸਰੀਰ (ਆਖ਼ਰ ਨੂੰ) ਲੱਕੜਾਂ ਨਾਲ ਸੜ ਜਾਂਦਾ ਹੈ ।੩।

ਹੇ ਕਬੀਰ! ਆਖ—ਹੇ ਵਿਚਾਰਨ ਮਨੁੱਖ! ਚੇਤੇ ਰੱਖ; ਸਾਰੀ ਦੁਨੀਆ ਵੇਖੇਗੀ (ਭਾਵ, ਸਭ ਦੇ ਵੇਖਦਿਆਂ ਵੇਖਦਿਆਂ) ਇਹ ਰੂਪ ਨਾਸ ਹੋ ਜਾਇਗਾ ।੪।੧੧।

ਸ਼ਬਦ ਦਾ ਭਾਵ:- ਕੋਈ ਚੀਜ਼ ਮਨੁੱਖ ਦੇ ਨਾਲ ਨਹੀਂ ਜਾ ਸਕਦੀ; ਹੋਰ ਤਾਂ ਹੋਰ, ਇਹ ਸਰੀਰ ਭੀ ਇੱਥੇ ਹੀ ਨਾਸ ਹੋ ਜਾਂਦਾ ਹੈ । ਤਾਂ ਤੇ, ਧਨ-ਪਦਾਰਥ ਨੂੰ ਆਪਣਾ ਆਖ ਆਖ ਕੇ ਮੋਹ ਵਿਚ ਫਸਣਾ ਨਹੀਂ ਚਾਹੀਦਾ ।੧੧।

ਨੋਟ:- ਸਧਾਰਨ ਤੌਰ ਤੇ ਜਗਤ ਦੀ ਅਸਾਰਤਾ ਦਾ ਜ਼ਿਕਰ ਕਰਦਿਆਂ, ਕਬੀਰ ਜੀ ਆਖਦੇ ਹਨ ਕਿ ਮਰਨ ਤੇ ਸਰੀਰ ਸਾੜ ਦੇਈਦਾ ਹੈ । ਸਰੀਰ ਨੂੰ ਸਾੜਨ ਸੰਬੰਧੀ ਇਹ ਸੁਭਾਵਿਕ ਬਚਨ ਜ਼ਾਹਰ ਕਰਦੇ ਹਨ ਕਿ ਕਬੀਰ ਜੀ ਹਿੰਦੂ ਘਰ ਵਿਚ ਜੰਮੇ-ਪਲੇ ਸਨ, ਮੁਸਲਮਾਨ ਨਹੀਂ ਸਨ । ਬਾਬਾ ਫ਼ਰੀਦ ਜੀ ਦੀ ਸਾਰੀ ਬਾਣੀ ਪੜ੍ਹ ਕੇ ਵੇਖੋ, ਉਹ ਹਰ ਥਾਂ ਮੁਸਲਮਾਨੀ ਬੋਲੀ ਹੀ ਵਰਤਦੇ ਹਨ, ਕਿਉਂਕਿ ਉਹ ਮੁਸਲਮਾਨ ਸਨ ।

ਗਉੜੀ ਕਬੀਰ ਜੀ ॥ ਅਵਰ ਮੁਏ ਕਿਆ ਸੋਗੁ ਕਰੀਜੈ ॥ ਤਉ ਕੀਜੈ ਜਉ ਆਪਨ ਜੀਜੈ ॥੧॥ ਮੈ ਨ ਮਰਉ ਮਰਿਬੋ ਸੰਸਾਰਾ ॥ ਅਬ ਮੋਹਿ ਮਿਲਿਓ ਹੈ ਜੀਆਵਨਹਾਰਾ ॥੧॥ ਰਹਾਉ ॥ ਇਆ ਦੇਹੀ ਪਰਮਲ ਮਹਕੰਦਾ ॥ ਤਾ ਸੁਖ ਬਿਸਰੇ ਪਰਮਾਨੰਦਾ ॥੨॥ ਕੂਅਟਾ ਏਕੁ ਪੰਚ ਪਨਿਹਾਰੀ ॥ ਟੂਟੀ ਲਾਜੁ ਭਰੈ ਮਤਿ ਹਾਰੀ ॥੩॥ ਕਹੁ ਕਬੀਰ ਇਕ ਬੁਧਿ ਬੀਚਾਰੀ ॥ ਨਾ ਓਹੁ ਕੂਅਟਾ ਨਾ ਪਨਿਹਾਰੀ ॥੪॥੧੨॥ {ਪੰਨਾ 325}

ਪਦਅਰਥ:- ਅਵਰ—ਹੋਰ । ਕਰੀਜੈ—ਕਰੀਏ, ਕਰਨਾ ਚਾਹੀਦਾ ਹੈ । ਜੀਜੈ—ਜੀਉਂਦੇ ਰਹਿਣਾ ਹੋਵੇ ।੧।

ਮਰਉ—(ਆਤਮਕ ਮੌਤ) ਮਰਾਂਗਾ, ਮੁਰਦਾ (-ਦਿਲ) ਹੋਵਾਂਗਾ । ਮਰਿਬੋ—ਮਰੇਗਾ (ਭਾਵ, ਪਰਮਾਤਮਾ ਵਲੋਂ ਮੁਰਦਾ ਰਹੇਗਾ) । ਮੋਹਿ—ਮੈਨੂੰ । ਸੰਸਾਰਾ—ਦੁਨੀਆ, ਜਗਤ ਦੇ ਧੰਧਿਆਂ ਵਿਚ ਫਸੇ ਹੋਏ ਜੀਵ । ਜੀਆਵਨਹਾਰਾ—(ਸੱਚੀ) ਜ਼ਿੰਦਗੀ ਦੇਣ ਵਾਲਾ ।੧।ਰਹਾਉ।

ਇਆ ਦੇਹੀ—ਇਸ ਸਰੀਰ ਨੂੰ । ਪਰਮਲ—ਖ਼ੁਸ਼ਬੋਆਂ । ਮਹਕੰਦਾ—ਮਹਿਕਾਉਂਦਾ ਹੈ । ਤਾ ਸੁਖ—ਇਹਨਾਂ ਸੁਖਾਂ ਵਿਚ । ਪਰਮਾਨੰਦਾ—ਉੱਚੇ ਤੋਂ ਉੱਚਾ ਅਨੰਦ-ਦਾਤਾ ।

ਕੂਅਟਾ—{ਕੂਪ+ਟਾ । ਸੰਸਕ੍ਰਿਤ ਲਫ਼ਜ਼ 'ਕੂਪ' ਤੋਂ 'ਕੂਆ' ਪ੍ਰਾਕ੍ਰਿਤ-ਰੂਪ ਹੈ; 'ਟਾ' ਵਰਤਿਆਂ 'ਅਲਪਾਰਥਕ' ਨਾਂਵ ਬਣਾਇਆ ਹੈ, ਜਿਵੇਂ 'ਚਮਾਰ' ਤੋਂ 'ਚਮਰੱਟਾ'} ਨਿੱਕਾ ਜਿਹਾ ਖੂਹ, ਖੂਹੀ, ਸਰੀਰ-ਰੂਪ ਖੂਹੀ, ਸਰੀਰ ਦਾ ਮੋਹ-ਰੂਪ ਖੂਹੀ, ਦੇਹ-ਅੱਧਿਆਸ । ਪਹਿਹਾਰੀ—ਪਾਣੀ ਭਰਨ ਵਾਲੀਆਂ, ਚਰਖੜੀਆਂ, ਪੰਜੇ ਇੰਦਰੇ, ਜੋ ਆਪੋ ਆਪਣੇ ਤਰੀਕੇ ਨਾਲ ਸਰੀਰ ਵਿਚੋਂ ਸੱਤਿਆ ਖਿੱਚੀ ਜਾਂਦੇ ਹਨ । ਮਤਿ ਹਾਰੀ—ਹਾਰੀ ਹੋਈ ਮਤ, ਦੁਰਮਤ, ਭੈੜੀ ਮੱਤ, ਅਵਿੱਦਿਆ ਵਿਚ ਫਸੀ ਹੋਈ ਮੱਤ । ਭਰੈ—ਭਰ ਰਹੀ ਹੈ ਪਾਣੀ । ਲਾਜੁ—ਲੱਜ {ਇਹ ਲਫ਼ਜ਼ ਆਮ ਤੌਰ ਤੇ _ ਅੰਤ ਵਰਤੀਦਾ ਹੈ । ਸੰਸਕ੍ਰਿਤ ਲਫ਼ਜ਼ (r^j|) 'ਰੱਜੁ' ਤੋਂ ਬਣਿਆ ਹੈ ਜਿਸ ਦੇ ਅੰਤ ਵਿਚ _ ਹੈ । ਪਿਛਲੇ ਸ਼ਬਦ ਵਿਚ ਦਾ ਲਫ਼ਜ਼ 'ਲਾਜ' ਮੁਕਤਾ-ਅੰਤ ਹੈ, ਉਹ ਸੰਸਕ੍ਰਿਤ ਲਫ਼ਜ਼ (l^jw) ਤੋਂ 'ਲੱਜਾ' ਤੋਂ ਬਣਿਆ ਹੈ} । ਟੂਟੀ ਲਾਜੁ ਭਰੈ—ਟੁੱਟੀ ਹੋਈ ਲੱਜ ਵਰਤ ਕੇ ਪਾਣੀ ਭਰ ਰਹੀ ਹੈ, (ਭਾਵ, ਪਾਣੀ ਭਰਨ ਦੇ ਵਿਅਰਥ ਜਤਨ ਕਰ ਰਹੀ ਹੈ, ਪਾਣੀ ਨਹੀਂ ਮਿਲਦਾ) । ਲੱਜ ਟੁੱਟੀ ਹੋਈ ਹੈ, ਗਿਆਨ ਦੀ ਅਣਹੋਂਦ ਹੈ ।੩।

ਨੋਟ:- ਸਰੀਰ ਦਾ ਮੋਹ ਖੂਹੀ ਹੈ, ਵਿਸ਼ੇ-ਵਿਕਾਰਾਂ ਵਿਚ ਫਸੀ ਹੋਈ ਬੁੱਧੀ ਪਾਣੀ ਭਰਨ ਵਾਲੀ ਹੈ, ਇੰਦਰੇ ਚਰੱਖੜੀਆਂ ਦਾ ਕੰਮ ਦੇ ਰਹੇ ਹਨ, ਪਰ ਲੱਜ ਕੋਈ ਨਹੀਂ ਹੈ । ਜਿਵੇਂ, ਕੋਈ ਇਸਤ੍ਰੀ ਖੂਹੀ ਤੋਂ ਪਾਣੀ ਭਰਨ ਜਾਏ, ਚਰੱਖੜੀ ਭੀ ਖੂਹੀ ਤੇ ਲੱਗੀ ਹੋਈ ਹੋਵੇ, ਪਰ ਲੱਜ ਨਾਹ ਹੋਵੇ ਤਾਂ ਲੱਜ ਤੋਂ ਬਿਨਾ ਉਸ ਨੂੰ ਪਾਣੀ ਨਹੀਂ ਮਿਲ ਸਕਦਾ, ਉਸ ਦਾ ਜਤਨ ਵਿਅਰਥ ਹੁੰਦਾ ਹੈ । ਤਿਵੇਂ ਦੁਰਮਤ ਇਹਨਾਂ ਇੰਦ੍ਰਿਆਂ ਦੀ ਰਾਹੀਂ ਇਸ ਸਰੀਰ ਵਿਚੋਂ ਵਿਸ਼ੇ-ਵਿਕਾਰਾਂ ਦਾ ਆਨੰਦ ਲੈਣ ਦਾ ਵਿਅਰਥ ਹੀ ਜਤਨ ਕਰਦੀ ਹੈ । ਜਦ ਤਾਈਂ ਸਰੀਰ ਦੇ ਮੋਹ ਵਿਚ ਜੀਵ ਲੱਗਾ ਹੋਇਆ ਹੈ ਸੁਖ ਦੀ ਥਾਂ ਦੁਖ ਹੀ ਮਿਲਦਾ ਹੈ ।

ਅਰਥ:- ਹੋਰਨਾਂ ਦੇ ਮਰਨ ਤੇ ਸੋਗ ਕਰਨ ਦਾ ਕੀਹ ਲਾਭ? (ਉਹਨਾਂ ਦੇ ਵਿਛੋੜੇ ਦਾ) ਸੋਗ ਤਾਂ ਹੀ ਕਰੀਏ ਜੇ ਆਪ (ਇਥੇ ਸਦਾ) ਜੀਊਂਦੇ ਰਹਿਣਾ ਹੋਵੇ ।੧।

ਮੇਰੇ ਆਤਮਾ ਦੀ ਕਦੇ ਮੌਤ ਨਹੀਂ ਹੋਵੇਗੀ । ਮੁਰਦਾ ਹਨ ਉਹ ਜੀਵ ਜੋ ਜਗਤ ਦੇ ਧੰਧਿਆਂ ਵਿਚ ਫਸੇ ਹੋਏ ਹਨ । ਮੈਨੂੰ (ਤਾਂ) ਹੁਣ (ਅਸਲ) ਜ਼ਿੰਦਗੀ ਦੇਣ ਵਾਲਾ ਪਰਮਾਤਮਾ ਮਿਲ ਪਿਆ ਹੈ ।੧।ਰਹਾਉ।

(ਜੀਵ) ਇਸ ਸਰੀਰ ਤੇ ਕਈ ਸੁਗੰਧੀਆਂ ਮਹਿਕਾਉਂਦਾ ਹੈ; ਇਹਨਾਂ ਹੀ ਸੁਖਾਂ ਵਿਚ ਇਸ ਨੂੰ ਪਰਮ ਅਨੰਦ-ਸਰੂਪ ਪਰਮਾਤਮਾ ਭੁੱਲ ਜਾਂਦਾ ਹੈ ।੨।

(ਸਰੀਰ ਮਾਨੋ) ਇਕ ਨਿੱਕਾ ਜਿਹਾ ਖੂਹ ਹੈ, (ਪੰਜ ਗਿਆਨ-ਇੰਦਰੇ, ਮਾਨੋ) ਪੰਜ ਚਰੱਖੜੀਆਂ ਹਨ, ਮਾਰੀ ਹੋਈ ਮੱਤ ਲੱਜ ਤੋਂ ਬਿਨਾ (ਪਾਣੀ) ਭਰ ਰਹੀ ਹੈ (ਭਾਵ, ਵਿਕਾਰਾਂ ਵਿਚ ਫਸੀ ਹੋਈ ਮੱਤ ਗਿਆਨ-ਇੰਦ੍ਰਿਆਂ ਦੀ ਰਾਹੀਂ ਵਿਕਾਰਾਂ ਵਿਚੋਂ ਸੁਖ ਲੈਣ ਦੇ ਵਿਅਰਥ ਜਤਨ ਕਰ ਰਹੀ ਹੈ) ।੩।

ਹੇ ਕਬੀਰ! ਆਖ—(ਜਦੋਂ) ਵਿਚਾਰ ਵਾਲੀ ਬੁੱਧ ਅੰਦਰ (ਜਾਗ ਪਈ), ਤਦੋਂ ਨਾਹ ਉਹ ਸਰੀਰਕ ਮੋਹ ਰਿਹਾ ਤੇ ਨਾਹ ਹੀ (ਵਿਕਾਰਾਂ ਵਲ ਖਿੱਚਣ ਵਾਲੇ) ਉਹ ਇੰਦਰੇ ਰਹੇ ।੪।੧੨।

ਸ਼ਬਦ ਦਾ ਭਾਵ:- ਜਿਸ ਮਨੁੱਖ ਨੂੰ ਜ਼ਿੰਦਗੀ-ਦਾਤਾ ਪ੍ਰਭੂ ਮਿਲ ਪਏ ਉਹ ਵਿਸ਼ੇ ਵਿਕਾਰਾਂ ਦਾ ਸੁਖ ਮਾਣਨ ਵਿਚ ਲੱਗ ਕੇ ਪ੍ਰਭੂ ਵਲੋਂ ਮੁਰਦਾ ਨਹੀਂ ਹੁੰਦਾ । ਮੁਰਦਾ ਉਹੀ ਹੈ ਜੋ ਰੱਬ ਤੋਂ ਵਿੱਛੜਿਆ ਹੋਇਆ ਹੈ ।੧੨।

ਗਉੜੀ ਕਬੀਰ ਜੀ ॥ ਅਸਥਾਵਰ ਜੰਗਮ ਕੀਟ ਪਤੰਗਾ ॥ ਅਨਿਕ ਜਨਮ ਕੀਏ ਬਹੁ ਰੰਗਾ ॥੧॥ ਐਸੇ ਘਰ ਹਮ ਬਹੁਤੁ ਬਸਾਏ ॥ ਜਬ ਹਮ ਰਾਮ ਗਰਭ ਹੋਇ ਆਏ ॥੧॥ ਰਹਾਉ ॥ ਜੋਗੀ ਜਤੀ ਤਪੀ ਬ੍ਰਹਮਚਾਰੀ ॥ ਕਬਹੂ ਰਾਜਾ ਛਤ੍ਰਪਤਿ ਕਬਹੂ ਭੇਖਾਰੀ ॥੨॥ ਸਾਕਤ ਮਰਹਿ ਸੰਤ ਸਭਿ ਜੀਵਹਿ ॥ ਰਾਮ ਰਸਾਇਨੁ ਰਸਨਾ ਪੀਵਹਿ ॥੩॥ ਕਹੁ ਕਬੀਰ ਪ੍ਰਭ ਕਿਰਪਾ ਕੀਜੈ ॥ ਹਾਰਿ ਪਰੇ ਅਬ ਪੂਰਾ ਦੀਜੈ ॥੪॥੧੩॥ {ਪੰਨਾ 326}

ਪਦਅਰਥ:- ਅਸਥਾਵਰ—ਇਕ ਥਾਂ ਤੇ ਖਲੋਤੇ ਰਹਿਣ ਵਾਲੇ ਪਰਬਤ, ਰੁੱਖ ਆਦਿਕ । ਜੰਗਮ—ਤੁਰਨ ਵਾਲੇ ਪਸ਼ੂ-ਪੰਛੀ । ਕੀਟ—ਕੀੜੇ । ਪਤੰਗਾ—ਖੰਭਾਂ ਵਾਲੇ ਕੀੜੇ । ਬਹੁ ਰੰਗਾ—ਬਹੁਤ ਕਿਸਮਾਂ ਦੇ । ਕੀਏ—ਅਸਾਂ ਕੀਤੇ, ਅਸਾਂ ਧਾਰੇ ।੧।

ਬਸਾਏ—ਵਸਾਏ, ਆਬਾਦ ਕੀਤੇ । ਘਰ—(ਭਾਵ) ਜੂਨਾਂ, ਸਰੀਰ । ਰਾਮ—ਹੇ ਰਾਮ! ਗਰਭ ਹੋਇ ਆਏ—ਜੂਨਾਂ ਵਿਚ ਪੈਂਦੇ ਗਏ ।੧।ਰਹਾਉ।

ਸਾਕਤ—(ਰੱਬ ਨਾਲੋਂ) ਟੁੱਟੇ ਹੋਏ ਮਨੁੱਖ । (ਮਰਹਿ—ਮਰਦੇ ਰਹਿੰਦੇ ਹਨ, ਜੂਨਾਂ ਵਿਚ ਪੈਂਦੇ ਰਹਿੰਦੇ ਹਨ । ਜੀਵਹਿ—ਜ਼ਿੰਦਾ ਹਨ । ਰਸਾਇਨੁ—{ਰਸ ਅਇਨੁ । ਅਇਨੁ—ਅਯਨ, ਘਰ} ਰਸਾਂ ਦਾ ਘਰ, ਸਭ ਰਸਾਂ ਤੋਂ ਸ੍ਰੇਸ਼ਟ ਨਾਮ-ਰਸ । ਰਸਨਾ—ਜੀਭ (ਨਾਲ) ।੩।

ਪ੍ਰਭ—ਹੇ ਪ੍ਰਭੂ! ਹਾਰਿ—ਹਾਰ ਕੇ, ਜੂਨਾਂ ਵਿਚ ਪੈ ਪੈ ਕੇ ਥੱਕ ਕੇ । ਪਰੇ—ਡਿੱਗੇ ਹਾਂ (ਤੇਰੇ ਦਰ ਤੇ) । ਪੂਰਾ—ਗਿਆਨ ।੪।੧੩।

ਅਰਥ:- ਅਸੀ (ਹੁਣ ਤਕ) ਅਸਥਾਵਰ, ਜੰਗਮ ਕੀੜੇ-ਪਤੰਗੇ ਇਹੋ ਜਿਹੇ ਕਈ ਕਿਸਮਾਂ ਦੇ ਜਨਮਾਂ ਵਿਚ ਆ ਚੁਕੇ ਹਾਂ ।੧।

ਹੇ ਰਾਮ! ਜਦੋਂ ਅਸੀ ਜੂਨਾਂ ਵਿਚ ਪੈਂਦੇ ਗਏ ਤਾਂ ਇਹੋ ਜਿਹੇ ਕਈ ਸਰੀਰਾਂ ਵਿਚੋਂ ਦੀ ਲੰਘ ਕੇ ਆਏ ਹਾਂ ।੧।ਰਹਾਉ।

ਕਦੇ ਅਸੀ ਜੋਗੀ ਬਣੇ, ਕਦੇ ਜਤੀ, ਕਦੇ ਤਪੀ, ਕਦੇ ਬ੍ਰਹਮਚਾਰੀ; ਕਦੇ ਛਤ੍ਰਪਤੀ ਰਾਜੇ ਬਣੇ ਕਦੇ ਮੰਗਤੇ ।੨।

ਜੋ ਮਨੁੱਖ ਰੱਬ ਨਾਲੋਂ ਟੁੱਟੇ ਰਹਿੰਦੇ ਹਨ ਉਹ ਸਦਾ (ਇਸੇ ਤਰ੍ਹਾਂ) ਕਈ ਜੂਨਾਂ ਵਿਚ ਪੈਂਦੇ ਰਹਿੰਦੇ ਹਨ, ਪਰ ਸੰਤ

ਜਨ ਸਦਾ ਜੀਉਂਦੇ ਹਨ (ਭਾਵ, ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦੇ, ਕਿਉਂਕਿ) ਉਹ ਜੀਭ ਨਾਲ ਪ੍ਰਭੂ ਦੇ ਨਾਮ ਦਾ ਸ੍ਰੇਸ਼ਟ ਰਸ ਪੀਂਦੇ ਰਹਿੰਦੇ ਹਨ ।੩।

(ਸੋ) ਹੇ ਕਬੀਰ! (ਪਰਮਾਤਮਾ ਦੇ ਅੱਗੇ ਇਸ ਤਰ੍ਹਾਂ) ਅਰਦਾਸ ਕਰ—ਹੇ ਪ੍ਰਭੂ! ਅਸੀ ਥੱਕ-ਟੁੱਟ ਕੇ (ਤੇਰੇ ਦਰ ਤੇ) ਆ ਡਿੱਗੇ ਹਾਂ, ਮਿਹਰ ਕਰ ਤੇ ਹੁਣ ਆਪਣਾ ਗਿਆਨ ਬਖ਼ਸ਼ ।੪।੧੩।

ਸ਼ਬਦ ਦਾ ਭਾਵ:- ਪ੍ਰਭੂ ਤੋਂ ਵਿੱਛੜ ਕੇ ਜੀਵ ਨੂੰ ਕਈ ਜਨਮਾਂ ਵਿਚ ਭੌਣਾ ਪੈਂਦਾ ਹੈ । ਤਦੋਂ ਹੀ ਖ਼ਲਾਸੀ ਹੁੰਦੀ ਹੈ ਜਦੋਂ ਅੰਦਰੋਂ ਹਉਮੈ ਦੂਰ ਕਰ ਕੇ ਨਾਮ ਜਪੇ ।੧੩।

ਗਉੜੀ ਕਬੀਰ ਜੀ ਕੀ ਨਾਲਿ ਰਲਾਇ ਲਿਖਿਆ ਮਹਲਾ ੫ ॥ ਐਸੋ ਅਚਰਜੁ ਦੇਖਿਓ ਕਬੀਰ ॥ ਦਧਿ ਕੈ ਭੋਲੈ ਬਿਰੋਲੈ ਨੀਰੁ ॥੧॥ ਰਹਾਉ ॥ ਹਰੀ ਅੰਗੂਰੀ ਗਦਹਾ ਚਰੈ ॥ ਨਿਤ ਉਠਿ ਹਾਸੈ ਹੀਗੈ ਮਰੈ ॥੧॥ ਮਾਤਾ ਭੈਸਾ ਅੰਮੁਹਾ ਜਾਇ ॥ ਕੁਦਿ ਕੁਦਿ ਚਰੈ ਰਸਾਤਲਿ ਪਾਇ ॥੨॥ ਕਹੁ ਕਬੀਰ ਪਰਗਟੁ ਭਈ ਖੇਡ ॥ ਲੇਲੇ ਕਉ ਚੂਘੈ ਨਿਤ ਭੇਡ ॥੩॥ ਰਾਮ ਰਮਤ ਮਤਿ ਪਰਗਟੀ ਆਈ ॥ ਕਹੁ ਕਬੀਰ ਗੁਰਿ ਸੋਝੀ ਪਾਈ ॥੪॥੧॥੧੪॥ {ਪੰਨਾ 326}

ਨੋਟ:- ਇਸ ਸ਼ਬਦ ਦਾ ਸਿਰਲੇਖ ਦੱਸਦਾ ਹੈ ਕਿ ਇਹ ਸ਼ਬਦ ਇਕੱਲੇ ਕਬੀਰ ਜੀ ਦਾ ਨਹੀਂ ਹੈ, ਇਸ ਵਿਚ ਗੁਰੂ ਅਰਜਨ ਸਾਹਿਬ ਜੀ ਦਾ ਭੀ ਹਿੱਸਾ ਹੈ ਤੇ ਕੁਦਰਤੀ ਤੌਰ ਤੇ ਉਹ ਅਖ਼ੀਰਲਾ ਬੰਦ ਹੀ ਹੋ ਸਕਦਾ ਹੈ ਤੀਜੇ ਬੰਦ ਵਿਚ ਕਬੀਰ ਜੀ ਦਾ ਨਾਮ ਆਉਂਦਾ ਹੈ ਤੇ ਇਥੇ ਉਹ ਆਪਣਾ ਮਜ਼ਮੂਨ ਮੁਕਾ ਦੇਂਦੇ ਹਨ । ਸ਼ੁਰੂ ਵਿਚ ਲਿਖਦੇ ਹਨ ਕਿ ਜਗਤ ਵਿਚ ਇਕ ਅਜੀਬ ਤਮਾਸ਼ਾ ਹੋ ਰਿਹਾ ਹੈ—ਜੀਵ, ਦਹੀਂ ਦੇ ਭੁਲੇਖੇ ਪਾਣੀ ਰਿੜਕ ਰਿਹਾ ਹੈ (ਭਾਵ, ਵਿਅਰਥ ਤੇ ਉਲਟਾ ਕੰਮ ਕਰ ਰਿਹਾ ਹੈ ਜਿਸ ਵਿਚੋਂ ਕੋਈ ਲਾਭ ਨਹੀਂ ਹੋਣਾ) । ਲਾਭ ਵਾਲਾ ਕੰਮ ਤਾਂ ਇਹ ਹੈ ਜਿਵੇਂ ਸਿਖ ਰੋਜ਼ ਅਰਦਾਸ ਕਰਦਾ ਹੈ—'ਮਨ ਨੀਵਾਂ, ਮੱਤ ਉੱਚੀ, ਮੱਤ ਕਾ ਰਾਖਾ ਵਾਹਿਗੁਰੂ', ਭਾਵ, ਵਾਹਿਗੁਰੂ ਦੇ ਸਿਮਰਨ ਵਿਚ ਜੁੜੀ ਰਹੇ ਬੁੱਧੀ, ਤੇ ਇਹੋ ਜਿਹੀ ਬੁੱਧੀ ਦੇ ਅਧੀਨ ਰਹੇ ਮਨ । ਪਰ ਕਬੀਰ ਜੀ ਕਹਿੰਦੇ ਹਨ ਕਿ ਜਗਤ ਵਿਚ ਉਲਟੀ ਖੇਡ ਹੋ ਰਹੀ ਹੈ । ਬੁਧੀ ਮਨ ਨੂੰ ਚੁੰਘਦੀ ਫਿਰਦੀ ਹੈ, ਬੁੱਧੀ ਵਿਕਾਰੀ ਮਨ ਦੇ ਪਿੱਛੇ ਲੱਗੀ ਫਿਰਦੀ ਹੈ । ਲੋਕਾਂ ਨੂੰ ਇਸ ਤਮਾਸ਼ੇ ਦੀ ਸਮਝ ਹੀ ਨਹੀਂ ਆ ਰਹੀ, ਪਰ ਕਬੀਰ ਨੇ ਇਹ ਤਮਾਸ਼ਾ ਸਮਝ ਲਿਆ ਹੈ ।

ਕਬੀਰ ਜੀ ਨੇ ਇਹ ਜ਼ਿਕਰ ਨਹੀਂ ਕੀਤਾ ਕਿ ਇਸ ਤਮਾਸ਼ੇ ਦੀ ਸਮਝ ਕਿਵੇਂ ਆਈ ਹੈ ਤੇ ਹੋਰਨਾਂ ਲੋਕਾਂ ਨੂੰ ਭੀ ਕਿਵੇਂ ਆ ਸਕਦੀ ਹੈ । ਇਸ ਘੁੰਡੀ ਨੂੰ ਖੋਲ੍ਹਣ ਲਈ ਗੁਰੂ ਅਰਜਨ ਸਾਹਿਬ ਨੇ ਅਖ਼ੀਰਲਾ ਬੰਦ ਨੰ: ੪ ਆਪਣੇ ਵਲੋਂ ਲਿਖ ਕੇ ਨਾਲ ਰਲਾ ਦਿੱਤਾ ਹੈ । ਅੰਕ ੪ ਦੇ ਅੱਗੇ ਅੰਕ ਨੰ: ੧ ਭੀ ਇਸ ਸ਼ਬਦ ਦਾ ਅਨੋਖਾ-ਪਨ ਦੱਸਣ ਵਾਸਤੇ ਹੀ ਹੈ । ਇਹਨਾਂ ੩੫ ਸ਼ਬਦਾਂ ਵਿਚ ਸਿਰਫ਼ ਇਹੀ ਸ਼ਬਦ ਹੈ ਜਿਸ ਵਿਚ ਉਪਰ ਲਿਖੀ ਇਹ ਅਨੋਖੀ ਗੱਲ ਆਈ ਹੈ ।

ਇਸ ਸ਼ਬਦ ਦੇ ਇਸ ਅਨੋਖੇ ਸਿਰਲੇਖ ਤੋਂ ਇਕ ਗੱਲ ਹੋਰ ਭੀ ਸਾਫ਼ ਹੋ ਗਈ ਹੈ ਕਿ ਭਗਤਾਂ ਦੀ ਬਾਣੀ ਗੁਰੂ ਅਰਜਨ ਸਾਹਿਬ ਨੇ ਆਪ 'ਬੀੜ' ਵਿਚ ਦਰਜ ਕਰਾਈ ਸੀ ।

ਪਦਅਰਥ:- ਅਚਰਜੁ—ਅਨੋਖਾ ਕੌਤਕ, ਅਜੀਬ ਤਮਾਸ਼ਾ । ਦਧਿ—ਦਹੀਂ । ਭੋਲੈ—ਭੁਲੇਖੇ । ਬਿਰੋਲੈ—ਰਿੜਕ ਰਿਹਾ ਹੈ । ਨੀਰੁ—ਪਾਣੀ ।੧।ਰਹਾਉ।

ਗਦਹਾ—ਖੋਤਾ, ਮੂਰਖ ਮਨ । ਹਰੀ ਅੰਗੂਰੀ—ਵਿਕਾਰਾਂ ਦੀ ਸੱਜਰੀ ਅੰਗੂਰੀ, ਮਨ-ਭਾਉਂਦੇ ਵਿਕਾਰ । ਚਰੈ—

ਚੁਗਦਾ ਹੈ, ਮਾਣਦਾ ਹੈ । ਉਠਿ—ਉਠ ਕੇ । ਹਾਸੈ—ਹੱਸਦਾ ਹੈ । ਮਰੈ—(ਜੰਮਦਾ) ਮਰਦਾ ਹੈ ।੧।

ਮਾਤਾ—ਮਸਤਿਆ ਹੋਇਆ । ਭੈਸਾ—ਸੰਢਾ । ਅੰਮੁਹਾ—ਅਮੋੜ । ਅੰਮੁਹਾ—ਜਾਇ—ਅਮੋੜ-ਪੁਣਾ ਕਰਦਾ ਹੈ । ਰਸਾਤਲਿ—ਨਰਕ ਵਿਚ । ਪਾਇ—ਪੈਂਦਾ ਹੈ ।੨।

ਪਰਗਟੁ ਭਈ—ਸਮਝ ਵਿਚ ਆ ਗਈ ਹੈ । ਲੇਲਾ—(ਭਾਵ) ਮਨ । ਭੇਡ—(ਭਾਵ) ਮੱਤ, ਬੁੱਧੀ ।੩।

ਰਾਮ ਰਮਤ—ਪ੍ਰਭੂ ਨੂੰ ਸਿਮਰਦਿਆਂ । ਮਤਿ—ਬੁੱਧੀ । ਪਰਗਟੀ ਆਈ—ਜਾਗ ਪਈ ਹੈ । ਗੁਰਿ—ਗੁਰੂ ਨੇ ।੪।

ਅਰਥ:- ਹੇ ਕਬੀਰ! ਮੈਂ ਇਕ ਅਜੀਬ ਤਮਾਸ਼ਾ ਵੇਖਿਆ ਹੈ ਕਿ (ਜੀਵ) ਦਹੀਂ ਦੇ ਭੁਲੇਖੇ ਪਾਣੀ ਰਿੜਕ ਰਿਹਾ ਹੈ ।੧।ਰਹਾਉ।

ਮੂਰਖ ਜੀਵ ਮਨ-ਭਾਉਂਦੇ ਵਿਕਾਰ ਮਾਣਦਾ ਹੈ, ਇਸੇ ਤਰ੍ਹਾਂ ਸਦਾ ਹੱਸਦਾ ਤੇ (ਖੋਤੇ ਵਾਂਗ) ਹੀਂਗਦਾ ਰਹਿੰਦਾ ਹੈ (ਆਖ਼ਰ) ਜਨਮ ਮਰਨ ਦੇ ਗੇੜ ਵਿਚ ਪੈ ਜਾਂਦਾ ਹੈ ।੧।

ਮਸਤੇ ਹੋਏ ਸੰਢੇ ਵਰਗਾ ਮਨ ਅਮੋੜ-ਪੁਣਾ ਕਰਦਾ ਹੈ, ਕੁੱਟਦਾ ਹੈ (ਭਾਵ, ਅਹੰਕਾਰ ਕਰਦਾ ਹੈ) ਵਿਸ਼ਿਆਂ ਦੀ ਖੇਤੀ ਚੁਗਦਾ ਰਹਿੰਦਾ ਹੈ, ਤੇ ਨਰਕ ਵਿਚ ਪੈ ਜਾਂਦਾ ਹੈ ।੨।

ਹੇ ਕਬੀਰ! ਆਖ—(ਮੈਨੂੰ ਤਾਂ) ਇਹ ਅਜੀਬ ਤਮਾਸ਼ਾ ਸਮਝ ਵਿਚ ਆ ਗਿਆ ਹੈ (ਤਮਾਸ਼ਾ ਇਹ ਹੈ ਕਿ) ਸੰਸਾਰੀ ਜੀਵਾਂ ਦੀ ਬੁੱਧੀ ਮਨ ਦੇ ਪਿਛੇ ਲੱਗੀ ਫਿਰਦੀ ਹੈ ।੩।

(ਇਹ ਸਮਝ ਕਿਸ ਨੇ ਪਾਈ ਹੈ?) ਹੇ ਕਬੀਰ ਆਖ—ਸਤਿਗੁਰੂ ਨੇ ਇਹ ਸਮਝ ਬਖ਼ਸ਼ੀ ਹੈ, (ਜਿਸ ਦੀ ਬਰਕਤਿ ਨਾਲ) ਪ੍ਰਭੂ ਦਾ ਸਿਮਰਨ ਕਰਦਿਆਂ ਕਰਦਿਆਂ (ਮੇਰੀ) ਬੁੱਧੀ ਜਾਗ ਪਈ ਹੈ (ਤੇ ਮਨ ਦੇ ਪਿਛੇ ਤੁਰਨੋਂ ਹਟ ਗਈ ਹੈ) ।੪।੧।੧੪।

ਸ਼ਬਦ ਦਾ ਭਾਵ:- ਜਦ ਤਾਈਂ ਮਨੁੱਖ ਗੁਰੂ ਤੋਂ ਬੇਮੁਖ ਹੈ ਤੇ ਨਾਮ ਨਹੀਂ ਜਪਦਾ, ਤਦ ਤਕ ਇਸ ਦੀ ਅਕਲ ਭ੍ਰਿਸ਼ਟੀ ਰਹਿੰਦੀ ਹੈ, ਵਿਕਾਰੀ ਮਨ ਦੇ ਪਿਛੇ ਲਗੀ ਫਿਰਦੀ ਹੈ । ਗੁਰੂ ਦੀ ਮਿਹਰ ਨਾਲ ਨਾਮ ਜਪੀਏ ਤਾਂ ਬੁੱਧੀ ਮਨ ਦੇ ਪਿਛੇ ਤੁਰਨੋਂ ਹਟ ਜਾਂਦੀ ਹੈ ।੧੪।

ਗਉੜੀ ਕਬੀਰ ਜੀ ਪੰਚਪਦੇ• ॥ ਜਿਉ ਜਲ ਛੋਡਿ ਬਾਹਰਿ ਭਇਓ ਮੀਨਾ ॥ ਪੂਰਬ ਜਨਮ ਹਉ ਤਪ ਕਾ ਹੀਨਾ ॥੧॥ ਅਬ ਕਹੁ ਰਾਮ ਕਵਨ ਗਤਿ ਮੋਰੀ ॥ ਤਜੀ ਲੇ ਬਨਾਰਸ ਮਤਿ ਭਈ ਥੋਰੀ ॥੧॥ ਰਹਾਉ ॥ ਸਗਲ ਜਨਮੁ ਸਿਵ ਪੁਰੀ ਗਵਾਇਆ ॥ ਮਰਤੀ ਬਾਰ ਮਗਹਰਿ ਉਠਿ ਆਇਆ ॥੨॥ ਬਹੁਤੁ ਬਰਸ ਤਪੁ ਕੀਆ ਕਾਸੀ ॥ ਮਰਨੁ ਭਇਆ ਮਗਹਰ ਕੀ ਬਾਸੀ ॥੩॥ ਕਾਸੀ ਮਗਹਰ ਸਮ ਬੀਚਾਰੀ ॥ ਓਛੀ ਭਗਤਿ ਕੈਸੇ ਉਤਰਸਿ ਪਾਰੀ ॥੪॥ ਕਹੁ ਗੁਰ ਗਜ ਸਿਵ ਸਭੁ ਕੋ ਜਾਨੈ ॥ ਮੁਆ ਕਬੀਰੁ ਰਮਤ ਸ੍ਰੀ ਰਾਮੈ ॥੫॥੧੫॥ {ਪੰਨਾ 326}

ਪਦਅਰਥ:- ਮੀਨਾ—ਮੱਛ । ਪੂਰਬ ਜਨਮ—ਪਿਛਲੇ ਜਨਮਾਂ ਦਾ । ਹਉ—ਮੈਂ । ਹੀਨਾ—ਸੱਖਣਾ ।੧।

ਕਵਨ—ਕਿਹੜੀ, ਕਿਹੋ ਜਿਹੀ? ਗਤਿ—ਹਾਲਤ, ਹਾਲ । ਮੋਰੀ—ਮੇਰੀ । ਤਜੀਲੇ—ਮੈਂ ਛੱਡ ਦਿੱਤਾ ਹੈ । ਬਨਾਰਸਿ—ਕਾਂਸ਼ੀ ਨਗਰੀ । ਥੋਰੀ—ਥੋੜੀ ।੧।ਰਹਾਉ।

ਸਗਲ ਜਨਮੁ—ਸਾਰੀ ਉਮਰ । ਸਿਵਪੁਰੀ—ਸ਼ਿਵ ਦੀ ਨਗਰੀ ਕਾਂਸ਼ੀ ਵਿਚ । ਗਵਾਇਆ—ਵਿਅਰਥ ਗੁਜ਼ਾਰ ਦਿੱਤਾ । ਮਰਤੀ ਬਾਰ—ਮਰਨ ਵੇਲੇ । ਉਠਿ—ਉੱਠ ਕੇ, ਛੱਡ ਕੇ ।੨।

ਬਹੁਤੁ ਬਰਸ—ਕਈ ਸਾਲਾਂ ਤਕ । ਕਾਸ਼ੀ—ਕਾਂਸ਼ੀ ਵਿਚ । ਮਰਨੁ—ਮੌਤ । ਬਾਸੀ—ਵਾਸ, ਵਸੇਬਾ ।੩।

ਸਮ—ਇਕੋ ਜਿਹੇ । ਬੀਚਾਰੀ—ਸਮਝੇ ਹਨ । ਓਛੀ—ਹੋਛੀ, ਅਧੂਰੀ । ਕੈਸੇ—ਕਿਸ ਤਰ੍ਹਾਂ? ਉਤਰਸਿ—ਤੂੰ ਉਤਰੇਂਗਾ । ਪਾਰੀ—ਪਾਰ ।੪।

ਗੁਰ ਗਜਿ—ਗਣੇਸ਼ । ਸਭੁ ਕੋ—ਹਰੇਕ ਮਨੁੱਖ । ਜਾਨੈ—ਪਛਾਣਦਾ ਹੈ (ਭਾਵ, ਸਮਝਦਾ ਹੈ ਕਿ ਇਹ ਗਣੇਸ਼ ਤੇ ਸ਼ਿਵ ਹੀ ਮੁਕਤੀ ਦੇਣ ਵਾਲੇ ਤੇ ਖੋਹਣ ਵਾਲੇ ਹਨ) । ਮੂਆ ਕਬੀਰੁ—ਕਬੀਰ ਮਰ ਗਿਆ ਹੈ ਆਪਾ ਭਾਵ ਤੋਂ, ਕਬੀਰ ਦੀ ਮੈਂ-ਮੇਰੀ ਮਿਟ ਗਈ ਹੈ । ਰਮਤ—ਸਿਮਰ ਸਿਮਰ ਕੇ ।੫।੧੫।

ਅਰਥ:- (ਮੈਨੂੰ ਲੋਕ ਕਹਿ ਰਹੇ ਹਨ ਕਿ) ਜਿਵੇਂ ਮੱਛ ਪਾਣੀ ਨੂੰ ਛੱਡ ਕੇ ਬਾਹਰ ਨਿਕਲ ਆਉਂਦਾ ਹੈ (ਤਾਂ ਦੁਖੀ ਹੋ ਹੋ ਕੇ ਮਰ ਜਾਂਦਾ ਹੈ; ਤਿਵੇਂ) ਮੈਂ ਭੀ ਪਿਛਲੇ ਜਨਮਾਂ ਵਿਚ ਤਪ ਨਹੀਂ ਕੀਤਾ (ਤਾਹੀਏਂ ਮੁਕਤੀ ਦੇਣ ਵਾਲੀ ਕਾਂਸ਼ੀ ਨੂੰ ਛੱਡ ਕੇ ਮਗਹਰ ਆ ਗਿਆ ਹਾਂ) ।੧।

ਹੇ ਮੇਰੇ ਰਾਮ! ਹੁਣ ਮੈਨੂੰ ਦੱਸ, ਮੇਰਾ ਕੀਹ ਹਾਲ ਹੋਵੇਗਾ? ਮੈਂ ਕਾਂਸ਼ੀ ਛੱਡ ਆਇਆ ਹਾਂ (ਕੀ ਇਹ ਠੀਕ ਹੈ ਕਿ) ਮੇਰੀ ਮੱਤ ਮਾਰੀ ਗਈ ਹੈ? ।੧।ਰਹਾਉ।

(ਹੇ ਰਾਮ! ਮੈਨੂੰ ਲੋਕ ਆਖਦੇ ਹਨ—) ਤੂੰ ਸਾਰੀ ਉਮਰ ਕਾਂਸ਼ੀ ਵਿਚ ਵਿਅਰਥ ਗੁਜ਼ਾਰ ਦਿੱਤੀ (ਕਿਉਂਕਿ ਹੁਣ ਜਦੋਂ ਮੁਕਤੀ ਮਿਲਣੀ ਸੀ ਤਾਂ) ਮਰਨ ਵੇਲੇ (ਕਾਂਸ਼ੀ) ਛੱਡ ਕੇ ਮਗਹਰ ਤੁਰ ਆਇਆ ਹੈਂ ।੨।

(ਹੇ ਪ੍ਰਭੂ! ਲੋਕ ਕਹਿੰਦੇ ਹਨ—) ਤੂੰ ਕਾਂਸ਼ੀ ਵਿਚ ਰਹਿ ਕੇ ਕਈ ਸਾਲ ਤਪ ਕੀਤਾ (ਪਰ ਉਸ ਤਪ ਦਾ ਕੀਹ ਲਾਭ?) ਜਦੋਂ ਮਰਨ ਦਾ ਵੇਲਾ ਆਇਆ ਤਾਂ ਮਗਹਰ ਆ ਵੱਸਿਓਂ ।੩।

(ਹੇ ਰਾਮ! ਲੋਕ ਬੋਲੀ ਮਾਰਦੇ ਹਨ—) ਤੂੰ ਕਾਂਸ਼ੀ ਤੇ ਮਗਹਰ ਨੂੰ ਇਕੋ ਜਿਹਾ ਸਮਝ ਲਿਆ ਹੈ, ਇਸ ਹੋਛੀ ਭਗਤੀ ਨਾਲ (ਜੋ ਤੂੰ ਕਰ ਰਿਹਾ ਹੈਂ) ਕਿਵੇਂ ਸੰਸਾਰ-ਸਮੁੰਦਰ ਤੋਂ ਪਾਰ ਲੰਘੇਂਗਾ? ।੪।

(ਹੇ ਕਬੀਰ!) ਆਖ—ਹਰੇਕ ਮਨੁੱਖ ਗਣੇਸ਼ ਤੇ ਸ਼ਿਵ ਨੂੰ ਹੀ ਪਛਾਣਦਾ ਹੈ (ਭਾਵ, ਹਰੇਕ ਮਨੁੱਖ ਇਹੀ ਸਮਝ ਰਿਹਾ ਹੈ ਕਿ ਸ਼ਿਵ ਮੁਕਤੀਦਾਤਾ ਹੈ ਤੇ ਗਣੇਸ਼ ਦੀ ਨਗਰੀ ਮੁਕਤੀ ਖੋਹਣ ਵਾਲੀ ਹੈ); ਪਰ ਕਬੀਰ ਤਾਂ ਪ੍ਰਭੂ ਦਾ ਸਿਮਰਨ ਕਰ ਕਰ ਕੇ ਆਪਾ-ਭਾਵ ਹੀ ਮਿਟਾ ਬੈਠਾ ਹੈ (ਕਬੀਰ ਨੂੰ ਇਹ ਪਤਾ ਕਰਨ ਦੀ ਲੋੜ ਹੀ ਨਹੀਂ ਰਹੀ ਕਿ ਉਸ ਦੀ ਕੀਹ ਗਤੀ ਹੋਵੇਗੀ) ।੫।੧੫।

ਸ਼ਬਦ ਦਾ ਭਾਵ:- ਕਿਸੇ ਖ਼ਾਸ ਦੇਸ ਜਾਂ ਨਗਰੀ ਵਿਚੋਂ ਮੁਕਤੀ ਨਹੀਂ ਮਿਲ ਸਕਦੀ । ਮੁਕਤ ਉਹੀ ਹੈ ਜੋ ਪ੍ਰਭੂ ਦਾ ਭਜਨ ਕਰ ਕੇ ਆਪਣੇ ਅੰਦਰੋਂ 'ਮੈਂ-ਮੇਰੀ' ਮਿਟਾ ਚੁਕਿਆ ਹੈ ।੧੫।

ਨੋਟ:- ਆਮ ਲੋਕਾਂ ਵਿਚ ਇਹ ਵਹਿਮ ਪੈਦਾ ਕੀਤਾ ਗਿਆ ਹੋਇਆ ਹੈ ਕਿ ਬਨਾਰਸ ਆਦਿਕ ਤੀਰਥ ਉੱਤੇ ਸਰੀਰ ਤਿਆਗਿਆਂ ਜੀਵ ਨੂੰ ਮੁਕਤੀ ਮਿਲ ਜਾਂਦੀ ਹੈ । ਕਬੀਰ ਜੀ ਲੋਕਾਂ ਦੇ ਇਸ ਭਰਮ ਨੂੰ ਦੂਰ ਕਰਨ ਲਈ ਅਖ਼ੀਰਲੀ ਉਮਰੇ ਬਨਾਰਸ ਛੱਡ ਆਏ ਤੇ ਮਗਹਰ ਆ ਵੱਸੇ । ਮਗਹਰ ਬਾਰੇ ਇਹ ਵਹਿਮ ਹੈ ਕਿ ਇਹ ਧਰਤੀ ਸਰਾਪੀ ਹੋਈ ਹੈ । ਜੋ ਇੱਥੇ ਮਰਦਾ ਹੈ, ਉਹ ਖੋਤੇ ਦੀ ਜੂਨੇ ਪੈਂਦਾ ਹੈ । ਮਗਹਰ ਗੋਰਖਪੁਰ ਤੋਂ ੧੫ ਮੀਲਾਂ ਤੇ ਹੈ ।

ਗਉੜੀ ਕਬੀਰ ਜੀ ॥ ਚੋਆ ਚੰਦਨ ਮਰਦਨ ਅੰਗਾ ॥ ਸੋ ਤਨੁ ਜਲੈ ਕਾਠ ਕੈ ਸੰਗਾ ॥੧॥ ਇਸੁ ਤਨ ਧਨ ਕੀ ਕਵਨ ਬਡਾਈ ॥ ਧਰਨਿ ਪਰੈ ਉਰਵਾਰਿ ਨ ਜਾਈ ॥੧॥ ਰਹਾਉ ॥ ਰਾਤਿ ਜਿ ਸੋਵਹਿ ਦਿਨ ਕਰਹਿ ਕਾਮ ॥ ਇਕੁ ਖਿਨੁ ਲੇਹਿ ਨ ਹਰਿ ਕੋ ਨਾਮ ॥੨॥ ਹਾਥਿ ਤ ਡੋਰ ਮੁਖਿ ਖਾਇਓ ਤੰਬੋਰ ॥ ਮਰਤੀ ਬਾਰ ਕਸਿ ਬਾਧਿਓ ਚੋਰ ॥੩॥ ਗੁਰਮਤਿ ਰਸਿ ਰਸਿ ਹਰਿ ਗੁਨ ਗਾਵੈ ॥ ਰਾਮੈ ਰਾਮ ਰਮਤ ਸੁਖੁ ਪਾਵੈ ॥੪॥ ਕਿਰਪਾ ਕਰਿ ਕੈ ਨਾਮੁ ਦ੍ਰਿੜਾਈ ॥ ਹਰਿ ਹਰਿ ਬਾਸੁ ਸੁਗੰਧ ਬਸਾਈ ॥੫॥ ਕਹਤ ਕਬੀਰ ਚੇਤਿ ਰੇ ਅੰਧਾ ॥ ਸਤਿ ਰਾਮੁ ਝੂਠਾ ਸਭੁ ਧੰਧਾ ॥੬॥੧੬॥ {ਪੰਨਾ 326}

ਪਦਅਰਥ:- ਚੋਆ—ਅਤਰ । ਮਰਦਨ—ਮਾਲਸ਼ । ਅੰਗਾ—(ਸਰੀਰ ਦੇ) ਅੰਗਾਂ ਨੂੰ । ਜਲੈ—ਸੜ ਜਾਂਦਾ ਹੈ । ਕਾਠ ਕੈ ਸੰਗਾ—ਲੱਕੜਾਂ ਨਾਲ ।੧।

ਕਵਨ ਬਡਾਈ—ਕਿਹੜੀ ਵਡਿਆਈ ਹੈ? ਕੀਹ ਮਾਣ ਕਰਨਾ ਹੋਇਆ? ਧਰਨਿ—ਧਰਤੀ ਤੇ । ਪਰੈ—ਪਿਆ ਰਹਿ ਜਾਂਦਾ ਹੈ । ਉਰਵਾਰਿ—ਉਰਲੇ ਪਾਸੇ ਹੀ, ਇਥੇ ਹੀ । ਨ ਜਾਈ—(ਨਾਲ) ਨਹੀਂ ਜਾਂਦਾ ।੧।ਰਹਾਉ।

ਦਿਨ—ਦਿਨੇ, ਸਾਰਾ ਦਿਨ । ਕਾਮ—ਕੰਮ-ਕਾਰ । ਕਰਹਿ—ਕਰਦੇ ਹਨ । ਜਿ—ਜੋ ਮਨੁੱਖ । ਇਕੁ ਖਿਨੁ—ਰਤਾ ਭਰ ਭੀ, ਪਲ ਮਾਤ੍ਰ ਭੀ । ਨ ਲੈਹਿ—ਨਹੀਂ ਲੈਂਦੇ ।੨।

ਹਾਥਿ—(ਉਹਨਾਂ ਦੇ) ਹੱਥ ਵਿਚ । ਤ—ਤਾਂ । ਡੋਰ—(ਬਾਜਾਂ ਦੀਆਂ) ਡੋਰਾਂ । ਮੁਖਿ—ਮੂੰਹ ਵਿਚ । ਤੰਬੋਰ—ਪਾਨ । ਕਸਿ—ਕੱਸ ਕੇ, ਘੁੱਟ ਕੇ । ਚੋਰ—ਚੋਰਾਂ ਵਾਂਗ ।੩।

ਗੁਰਮਤਿ—ਗੁਰੂ ਦੀ ਮੱਤ ਲੈ ਕੇ । ਰਸਿ ਰਸਿ—ਸੁਆਦ ਲੈ ਲੈ ਕੇ, ਬੜੇ ਪ੍ਰੇਮ ਨਾਲ । ਰਾਮੈ ਰਾਮ—ਕੇਵਲ ਰਾਮ ਨੂੰ । ਰਮਤ—ਸਿਮਰ ਸਿਮਰ ਕੇ ।੪।

ਦ੍ਰਿੜਾਈ—(ਹਿਰਦੇ ਵਿਚ) ਪੱਕਾ ਕਰਾਉਂਦਾ ਹੈ, ਜਪਾਉਂਦਾ ਹੈ । ਹਰਿ ਹਰਿ ਸੁਗੰਧ—ਹਰੀ ਦੇ ਨਾਮ ਦੀ ਖ਼ੁਸ਼ਬੋ । ਬਸਾਈ—ਵਸਾਉਂਦਾ ਹੈ ।੫।

ਰੇ ਅੰਧਾ—ਹੇ ਅੰਨ੍ਹੇ ਮਨੁੱਖ! ਚੇਤਿ—ਯਾਦ ਕਰ । ਸਤਿ—ਸਦਾ ਅਟੱਲ ਰਹਿਣ ਵਾਲਾ । ਝੂਠਾ—ਨਾਸ ਹੋ ਜਾਣ ਵਾਲਾ, ਥਿਰ ਨਾਹ ਰਹਿਣ ਵਾਲਾ ।੬।੧੬।

ਅਰਥ:- (ਜਿਸ ਸਰੀਰ ਦੇ) ਅੰਗਾਂ ਨੂੰ ਅਤਰ ਤੇ ਚੰਦਨ ਮਲੀਦਾ ਹੈ, ਉਹ ਸਰੀਰ (ਆਖ਼ਰ ਨੂੰ) ਲੱਕੜਾਂ ਵਿਚ ਪਾ ਕੇ ਸਾੜਿਆ ਜਾਂਦਾ ਹੈ ।੧।

ਇਸ ਸਰੀਰ ਤੇ ਧਨ ਉੱਤੇ ਕੀਹ ਮਾਣ ਕਰਨਾ ਹੋਇਆ? ਇਹ ਇੱਥੇ ਹੀ ਧਰਤੀ ਤੇ ਪਏ ਰਹਿ ਜਾਂਦੇ ਹਨ (ਜੀਵ ਦੇ ਨਾਲ) ਨਹੀਂ ਜਾਂਦੇ ।੧।ਰਹਾਉ।

ਜੋ ਮਨੁੱਖ ਰਾਤ ਨੂੰ ਸੁੱਤੇ ਰਹਿੰਦੇ ਹਨ (ਭਾਵ, ਰਾਤ ਤਾਂ ਸੁੱਤਿਆਂ ਗੁਜ਼ਾਰ ਦੇਂਦੇ ਹਨ), ਤੇ ਦਿਨੇ (ਦੁਨਿਆਵੀ) ਕੰਮ-ਧੰਧੇ ਕਰਦੇ ਰਹਿੰਦੇ ਹਨ, ਪਰ ਇਕ ਪਲ ਮਾਤ੍ਰ ਭੀ ਪ੍ਰਭੂ ਦਾ ਨਾਮ ਨਹੀਂ ਜਪਦੇ ।੨।

ਜੋ ਮਨੁੱਖ ਮੂੰਹ ਵਿਚ ਤਾਂ ਪਾਨ ਚੱਬ ਰਹੇ ਹਨ, ਤੇ ਜਿਨ੍ਹਾਂ ਦੇ ਹੱਥ ਵਿਚ (ਬਾਜਾਂ ਦੀਆਂ) ਡੋਰਾਂ ਹਨ (ਭਾਵ, ਜੋ ਸ਼ਿਕਾਰ ਆਦਿਕ ਸ਼ੁਗਲ ਵਿਚ ਰੁੱਝੇ ਰਹਿੰਦੇ ਹਨ), ਉਹ ਮਰਨ ਵੇਲੇ ਚੋਰਾਂ ਵਾਂਗ ਕੱਸ ਕੇ ਬੱਧੇ ਜਾਂਦੇ ਹਨ ।੩।

ਜੋ ਮਨੁੱਖ ਸਤਿਗੁਰੂ ਦੀ ਮੱਤ ਲੈ ਕੇ ਬੜੇ ਪ੍ਰੇਮ ਨਾਲ ਪ੍ਰਭੂ ਦੇ ਗੁਣ ਗਾਉਂਦਾ ਹੈ, ਉਹ ਕੇਵਲ ਪ੍ਰਭੂ ਨੂੰ ਸਿਮਰ ਸਿਮਰ ਕੇ ਸੁਖ ਮਾਣਦਾ ਹੈ ।੪।

ਪ੍ਰਭੂ ਆਪਣੀ ਮਿਹਰ ਕਰ ਕੇ ਜਿਸ ਦੇ ਹਿਰਦੇ ਵਿਚ ਆਪਣਾ ਨਾਮ ਟਿਕਾਉਂਦਾ ਹੈ, ਉਸ ਵਿਚ ਉਹ 'ਨਾਮ' ਦੀ ਖ਼ੁਸ਼ਬੋ ਦਾ ਵਾਸ ਕਰਾ ਦੇਂਦਾ ਹੈ ।੫।

ਕਬੀਰ ਆਖਦਾ ਹੈ—ਹੇ ਅਗਿਆਨੀ ਜੀਵ! ਪ੍ਰਭੂ ਨੂੰ ਸਿਮਰ; ਪ੍ਰਭੂ ਹੀ ਸਦਾ-ਥਿਰ ਰਹਿਣ ਵਾਲਾ ਹੈ, ਬਾਕੀ ਸਾਰਾ ਜੰਜਾਲ ਨਾਸ ਹੋ ਜਾਣ ਵਾਲਾ ਹੈ ।੬।੧੬।

ਸ਼ਬਦ ਦਾ ਭਾਵ:- ਇਹ ਸਰੀਰ, ਇਹ ਧਨ ਪਦਾਰਥ, ਇਹ ਰਾਜ ਰੰਗ—ਕੋਈ ਭੀ ਅੰਤ ਵੇਲੇ ਮਨੁੱਖ ਦੇ ਕੰਮ ਨਹੀਂ ਆ ਸਕਦੇ । ਸਗੋਂ ਜਿਉਂ ਜਿਉਂ ਜੀਵ ਇਹਨਾਂ ਪਦਾਰਥਾਂ ਦੇ ਮੋਹ ਵਿਚ ਰੁੱਝਦੇ ਹਨ, ਤਿਉਂ ਤਿਉਂ ਅਖ਼ੀਰ ਵੇਲੇ ਵਧੀਕ ਦੁੱਖੀ ਹੁੰਦੇ ਹਨ । ਪ੍ਰਭੂ ਦਾ ਇਕ 'ਨਾਮ' ਹੀ ਸਦਾ ਸਹਾਈ ਹੈ । ਜਿਸ ਉੱਤੇ ਪ੍ਰਭੂ ਮੇਹਰ ਕਰੇ, ਉਸ ਨੂੰ 'ਨਾਮ' ਗੁਰੂ-ਦਰ ਤੋਂ ਮਿਲਦਾ ਹੈ ।

ਨੋਟ:- ਦੁਨੀਆ ਦੀ ਅਸਾਰਤਾ ਦੇ ਸਧਾਰਨ ਬਿਆਨ ਵਿਚ, ਮਰੇ ਮਨੁੱਖ ਦੇ ਸਿਰਫ਼ ਸਾੜੇ ਜਾਣ ਦਾ ਹੀ ਜ਼ਿਕਰ ਸਾਬਤ ਕਰਦਾ ਹੈ ਕਿ ਕਬੀਰ ਜੀ ਹਿੰਦੂ-ਘਰ ਵਿਚ ਜੰਮੇ-ਪਲੇ ਸਨ । 'ਬੋਲੀ' ਭੀ ਸਾਰੀ ਹਿੰਦੂਆਂ ਵਾਲੀ ਹੀ ਵਰਤਦੇ ਹਨ ।

ਗਉੜੀ ਕਬੀਰ ਜੀ ਤਿਪਦੇ ਚਾਰਤੁਕੇ• ॥ ਜਮ ਤੇ ਉਲਟਿ ਭਏ ਹੈ ਰਾਮ ॥ ਦੁਖ ਬਿਨਸੇ ਸੁਖ ਕੀਓ ਬਿਸਰਾਮ ॥ ਬੈਰੀ ਉਲਟਿ ਭਏ ਹੈ ਮੀਤਾ ॥ ਸਾਕਤ ਉਲਟਿ ਸੁਜਨ ਭਏ ਚੀਤਾ ॥੧॥ ਅਬ ਮੋਹਿ ਸਰਬ ਕੁਸਲ ਕਰਿ ਮਾਨਿਆ ॥ ਸਾਂਤਿ ਭਈ ਜਬ ਗੋਬਿਦੁ ਜਾਨਿਆ ॥੧॥ ਰਹਾਉ ॥ ਤਨ ਮਹਿ ਹੋਤੀ ਕੋਟਿ ਉਪਾਧਿ ॥ ਉਲਟਿ ਭਈ ਸੁਖ ਸਹਜਿ ਸਮਾਧਿ ॥ ਆਪੁ ਪਛਾਨੈ ਆਪੈ ਆਪ ॥ ਰੋਗੁ ਨ ਬਿਆਪੈ ਤੀਨੌ ਤਾਪ ॥੨॥ ਅਬ ਮਨੁ ਉਲਟਿ ਸਨਾਤਨੁ ਹੂਆ ॥ ਤਬ ਜਾਨਿਆ ਜਬ ਜੀਵਤ ਮੂਆ ॥ ਕਹੁ ਕਬੀਰ ਸੁਖਿ ਸਹਜਿ ਸਮਾਵਉ ॥ ਆਪਿ ਨ ਡਰਉ ਨ ਅਵਰ ਡਰਾਵਉ ॥੩॥੧੭॥ {ਪੰਨਾ 326-327}

ਪਦਅਰਥ:- ਉਲਟਿ—ਪਲਟ ਕੇ, ਬਦਲ ਕੇ । ਬਿਨਸੇ—ਨਾਸ ਹੋ ਗਏ ਹਨ, ਦੂਰ ਹੋ ਗਏ ਹਨ । ਬਿਸਰਾਮ—ਡੇਰਾ, ਟਿਕਾਣਾ । ਭਏ ਹੈ—ਹੋ ਗਏ ਹਨ, ਬਣ ਗਏ ਹਨ । ਮੀਤਾ—ਮਿੱਤਰ, ਸੱਜਣ । ਸਾਕਤ—ਰੱਬ ਵਲੋਂ ਟੁੱਟੇ ਹੋਏ ਜੀਵ । ਸੁਜਨ—ਭਲੇ, ਗੁਰਮੁਖ । ਚੀਤਾ—ਅੰਤਰ ਆਤਮੇ ।

ਮੋਹਿ—ਮੈਂ । ਕੁਸਲ—ਸੁਖ-ਸਾਂਦ, ਅਨੰਦ । ਜਾਨਿਆ—ਜਾਣ ਲਿਆ ।੧।ਰਹਾਉ।

ਤਨ ਮਹਿ—ਸਰੀਰ ਵਿਚ । ਹੋਤੀ—ਹੁੰਦੀਆਂ ਸਨ । ਕੋਟਿ ਉਪਾਧਿ—ਕ੍ਰੋੜਾਂ ਬਖੇੜੇ (ਵਿਕਾਰਾਂ ਦੇ) । ਉਲਟਿ—ਪਲਟ ਕੇ । ਭਈ—ਹੋ ਗਏ ਹਨ । ਸਹਜਿ—ਸਹਜ ਵਿਚ, ਅਡੋਲ ਅਵਸਥਾ ਵਿਚ, ਪ੍ਰਭੂ ਦੇ ਨਾਮ-ਰਸ ਵਿਚ । ਸਮਾਧਿ—ਸਮਾਧੀ ਲਾਈ ਰੱਖਣ ਦੇ ਕਾਰਨ, ਜੁੜੇ ਰਹਿਣ ਕਰਕੇ । ਆਪੁ—ਆਪਣੇ ਆਪ ਨੂੰ । ਆਪੈ ਆਪ—ਪ੍ਰਭੂ ਹੀ ਪ੍ਰਭੂ (ਦਿੱਸ ਰਿਹਾ ਹੈ) । ਨ ਬਿਆਪੈ—ਪੋਹ ਨਹੀਂ ਸਕਦਾ, ਆਪਣਾ ਦਬਾਅ ਨਹੀਂ ਪਾ ਸਕਦਾ ।੨।

ਉਲਟਿ—ਆਪਣੇ ਪਹਿਲੇ ਸੁਭਾ ਵਲੋਂ ਹਟ ਕੇ, ਵਿਕਾਰਾਂ ਵਾਲੀ ਵਾਦੀ ਛੱਡ ਕੇ । ਸਨਾਤਨੁ—ਪੁਰਾਣਾ, ਪੁਰਾਤਨ, ਮੁੱਢਲਾ, ਜੋ ਇਹ ਪਹਿਲਾਂ ਪਹਿਲ ਸੀ; (ਭਾਵ, ਆਪਣੇ ਅਸਲੇ ਦਾ ਰੂਪ, ਪ੍ਰਭੂ ਦਾ ਰੂਪ) । ਜਾਨਿਆ—ਸਮਝ ਪਈ ਹੈ । ਜੀਵਤ ਮੂਆ—ਜੀਉਂਦਾ ਹੀ ਮਰ ਗਿਆ, ਦੁਨੀਆ ਵਿਚ ਵੱਸਦਾ ਹੋਇਆ ਭੀ ਦੁਨੀਆ ਵਲੋਂ ਨਿਰ-

ਚਾਹ ਹੋ ਗਿਆ ਹਾਂ, ਲੀਨ ਹੋ ਗਿਆ ਹਾਂ, ਮਸਤ ਹਾਂ । ਡਰਉ—ਡਰਦਾ ਹਾਂ । ਅਵਰ—ਹੋਰਨਾਂ ਨੂੰ ।੩।੧੭।

ਅਰਥ:- ਜਮਾਂ ਤੋਂ ਬਦਲ ਕੇ ਪ੍ਰਭੂ (ਦਾ ਰੂਪ) ਹੋ ਗਏ ਹਨ (ਭਾਵ, ਪਹਿਲਾਂ ਜੋ ਮੈਨੂੰ ਜਮ-ਰੂਪ ਦਿੱਸਦੇ ਸਨ, ਹੁਣ ਉਹ ਪ੍ਰਭੂ ਦਾ ਰੂਪ ਦਿਖਾਈ ਦੇਂਦੇ ਹਨ), ਮੇਰੇ ਦੁੱਖ ਦੂਰ ਹੋ ਗਏ ਹਨ ਤੇ ਸੁਖਾਂ ਨੇ (ਮੇਰੇ ਅੰਦਰ) ਡੇਰਾ ਆਣ ਜਮਾਇਆ ਹੈ । ਜੋ ਪਹਿਲਾਂ ਵੈਰੀ ਸਨ, ਹੁਣ ਉਹ ਸੱਜਣ ਬਣ ਗਏ ਹਨ (ਭਾਵ, ਜੋ ਇੰਦ੍ਰੇ ਪਹਿਲਾਂ ਵਿਕਾਰਾਂ ਵਲ ਲੈ ਜਾ ਕੇ ਵੈਰੀਆਂ ਵਾਲਾ ਕੰਮ ਕਰ ਰਹੇ ਸਨ, ਹੁਣ ਉਹ ਭਲੇ ਪਾਸੇ ਲਿਆ ਰਹੇ ਹਨ); ਪਹਿਲਾਂ ਇਹ ਰੱਬ ਨਾਲੋਂ ਟੁੱਟੇ ਹੋਏ ਸਨ, ਹੁਣ ਉਲਟ ਕੇ ਅੰਤਰ-ਆਤਮੇ ਗੁਰਮੁਖ ਬਣ ਗਏ ਹਨ ।੧।

ਹੁਣ ਮੈਨੂੰ ਸਾਰੇ ਸੁਖ ਆਨੰਦ ਪ੍ਰਤੀਤ ਹੋ ਰਹੇ ਹਨ; ਜਦੋਂ ਦਾ ਮੈਂ ਪ੍ਰਭੂ ਨੂੰ ਪਛਾਣ ਲਿਆ ਹੈ (ਪ੍ਰਭੂ ਨਾਲ ਸਾਂਝ ਪਾ ਲਈ ਹੈ) ਤਦੋਂ ਦੀ (ਮੇਰੇ ਅੰਦਰ) ਠੰਢ ਪੈ ਗਈ ਹੈ ।੧।ਰਹਾਉ।

(ਮੇਰੇ ਸਰੀਰ ਵਿਚ ਵਿਕਾਰਾਂ ਦੇ) ਕ੍ਰੋੜਾਂ ਬਖੇੜੇ ਸਨ; ਪ੍ਰਭੂ ਦੇ ਨਾਮ-ਰਸ ਵਿਚ ਜੁੜੇ ਰਹਿਣ ਕਰਕੇ ਉਹ ਸਾਰੇ ਪਲਟ ਕੇ ਸੁਖ ਬਣ ਗਏ ਹਨ । (ਮੇਰੇ ਮਨ ਨੇ) ਆਪਣੇ ਅਸਲ ਸਰੂਪ ਨੂੰ ਪਛਾਣ ਲਿਆ ਹੈ (ਹੁਣ ਇਸ ਨੂੰ) ਪ੍ਰਭੂ ਹੀ ਪ੍ਰਭੂ ਦਿੱਸ ਰਿਹਾ ਹੈ; ਰੋਗ ਤੇ ਤਿੰਨੇ ਤਾਪ (ਹੁਣ) ਪੋਹ ਨਹੀਂ ਸਕਦੇ ।੨।

ਹੁਣ ਮੇਰਾ ਮਨ (ਆਪਣੇ ਪਹਿਲੇ ਵਿਕਾਰਾਂ ਵਾਲੇ ਸੁਭਾਉ ਵਲੋਂ) ਹਟ ਕੇ ਪ੍ਰਭੂ ਦਾ ਰੂਪ ਹੋ ਗਿਆ ਹੈ; (ਇਸ ਗੱਲ ਦੀ) ਤਦੋਂ ਸਮਝ ਆਈ ਹੈ ਜਦੋਂ (ਇਹ ਮਨ) ਮਾਇਆ ਵਿਚ ਵਿਚਰਦਾ ਹੋਇਆ ਭੀ ਮਾਇਆ ਦੇ ਮੋਹ ਤੋਂ ਉੱਚਾ ਹੋ ਗਿਆ ਹੈ ।

ਹੇ ਕਬੀਰ! (ਹੁਣ ਬੇਸ਼ੱਕ) ਆਖ—ਮੈਂ ਆਤਮਕ ਅਨੰਦ ਵਿਚ ਅਡੋਲ ਅਵਸਥਾ ਵਿਚ ਜੁੜਿਆ ਹੋਇਆ ਹਾਂ; ਨਾਹ ਮੈਂ ਆਪ ਕਿਸੇ ਹੋਰ ਪਾਸੋਂ ਡਰਦਾ ਹਾਂ ਅਤੇ ਨਾਹ ਹੀ ਹੋਰਨਾਂ ਨੂੰ ਡਰਾਉਂਦਾ ਹਾਂ ।੩।੧੭।

ਸ਼ਬਦ ਦਾ ਭਾਵ:- ਜਦੋਂ ਨਾਮ ਸਿਮਰ ਸਿਮਰ ਕੇ ਪ੍ਰਭੂ ਦੇ ਚਰਨਾਂ ਵਿਚ ਜੀਵ ਦਾ ਚਿੱਤ ਜੁੜ ਜਾਏ, ਤਦੋਂ ਇਹ ਸੁਖੀ ਹੋ ਜਾਂਦਾ ਹੈ, ਮਨ ਮਾਇਆ ਦੇ ਵਿਕਾਰਾਂ ਵਲੋਂ ਹਟ ਜਾਂਦਾ ਹੈ, ਤੇ ਮਾਇਆ ਵਿਚ ਵਰਤਦਾ ਹੋਇਆ ਭੀ ਮਾਇਆ ਦੇ ਮੋਹ ਵਿਚ ਨਹੀਂ ਫਸਦਾ ।੧੭।

ਨੋਟ:- ਇਸ ਸ਼ਬਦ ਦੇ ਸਿਰ-ਲੇਖ ਦੇ ਲਫ਼ਜ਼ 'ਤੁਕੇ' ਦੇ ਹੇਠ ਇਕ ਨਿੱਕਾ ਜਿਹਾ ਅੰਕ '੨' ਹੈ । ਇਹ ਦੋ ਸ਼ਬਦ (ਨੰ: ੧੭ ਅਤੇ ੧੮) ਐਸੇ ਹਨ, ਜਿਨ੍ਹਾਂ ਦੇ ਹਰੇਕ 'ਬੰਦ' ਵਿਚ ਚਾਰ ਚਾਰ ਤੁਕਾਂ ਹਨ ।

ਗਉੜੀ ਕਬੀਰ ਜੀ ॥ ਪਿੰਡਿ ਮੂਐ ਜੀਉ ਕਿਹ ਘਰਿ ਜਾਤਾ ॥ ਸਬਦਿ ਅਤੀਤਿ ਅਨਾਹਦਿ ਰਾਤਾ ॥ ਜਿਨਿ ਰਾਮੁ ਜਾਨਿਆ ਤਿਨਹਿ ਪਛਾਨਿਆ ॥ ਜਿਉ ਗੂੰਗੇ ਸਾਕਰ ਮਨੁ ਮਾਨਿਆ ॥੧॥ ਐਸਾ ਗਿਆਨੁ ਕਥੈ ਬਨਵਾਰੀ ॥ ਮਨ ਰੇ ਪਵਨ ਦ੍ਰਿੜ ਸੁਖਮਨ ਨਾਰੀ ॥੧॥ ਰਹਾਉ ॥ ਸੋ ਗੁਰੁ ਕਰਹੁ ਜਿ ਬਹੁਰਿ ਨ ਕਰਨਾ ॥ ਸੋ ਪਦੁ ਰਵਹੁ ਜਿ ਬਹੁਰਿ ਨ ਰਵਨਾ ॥ ਸੋ ਧਿਆਨੁ ਧਰਹੁ ਜਿ ਬਹੁਰਿ ਨ ਧਰਨਾ ॥ ਐਸੇ ਮਰਹੁ ਜਿ ਬਹੁਰਿ ਨ ਮਰਨਾ ॥੨॥ ਉਲਟੀ ਗੰਗਾ ਜਮੁਨ ਮਿਲਾਵਉ ॥ ਬਿਨੁ ਜਲ ਸੰਗਮ ਮਨ ਮਹਿ ਨ੍ਹਾਵਉ ॥ ਲੋਚਾ ਸਮਸਰਿ ਇਹੁ ਬਿਉਹਾਰਾ ॥ ਤਤੁ ਬੀਚਾਰਿ ਕਿਆ ਅਵਰਿ ਬੀਚਾਰਾ ॥੩॥ ਅਪੁ ਤੇਜੁ ਬਾਇ ਪ੍ਰਿਥਮੀ ਆਕਾਸਾ ॥ ਐਸੀ ਰਹਤ ਰਹਉ ਹਰਿ ਪਾਸਾ ॥ ਕਹੈ ਕਬੀਰ ਨਿਰੰਜਨ ਧਿਆਵਉ ॥ ਤਿਤੁ ਘਰਿ ਜਾਉ ਜਿ ਬਹੁਰਿ ਨ ਆਵਉ ॥੪॥੧੮॥ {ਪੰਨਾ 327}

ਪਦਅਰਥ:- ਪਿੰਡ—ਸਰੀਰ, ਸਰੀਰ ਦਾ ਮੋਹ, ਦੇਹ-ਅੱਧਿਆਸ । ਪਿੰਡਿ ਮੂਐ—ਸਰੀਰ ਦੇ ਮੋਇਆਂ, ਸਰੀਰ

ਦਾ ਮੋਹ ਮੋਇਆਂ, ਦੇਹ-ਅੱਧਿਆਸ ਦੂਰ ਹੋਇਆਂ । ਜੀਉ—ਆਤਮਾ । ਕਿਹ ਘਰਿ—ਕਿਸ ਘਰ ਵਿਚ, ਕਿੱਥੇ? ਸਬਦਿ—(ਗੁਰੂ ਦੇ) ਸ਼ਬਦ ਦੁਆਰਾ, ਸ਼ਬਦ ਦੀ ਬਰਕਤਿ ਨਾਲ । ਅਤੀਤਿ—ਅਤੀਤ ਵਿਚ, ਉਸ ਪ੍ਰਭੂ ਵਿਚ ਜੋ ਅਤੀਤ ਹੈ ਜੋ ਮਾਇਆ ਦੇ ਬੰਧਨਾਂ ਤੋਂ ਪਰੇ ਹੈ । ਅਨਾਹਦਿ—ਅਨਾਹਦ ਵਿਚ, ਬੇਅੰਤ ਪ੍ਰਭੂ ਵਿਚ । ਰਾਤਾ—ਰੱਤਾ ਰਹਿੰਦਾ ਹੈ, ਮਸਤ ਰਹਿੰਦਾ ਹੈ । ਜਿਨਿ—ਜਿਸ ਮਨੁੱਖ ਨੇ । ਤਿਨਹਿ—ਉਸੇ (ਮਨੁੱਖ) ਨੇ । ਗੂੰਗੇ ਮਨੁ—ਗੂੰਗੇ ਦਾ ਮਨ ।੧।

ਕਥੈ—ਦੱਸ ਸਕਦਾ ਹੈ । ਬਨਵਾਰੀ—ਜਗਤ-ਰੂਪ ਬਨ ਦਾ ਮਾਲਕ ਪ੍ਰਭੂ (ਆਪ ਹੀ ਆਪਣੀ ਕਿਰਪਾ ਕਰ ਕੇ) । ਮਨ ਰੇ—ਹੇ ਮਨ! ਪਵਨ ਦ੍ਰਿੜੁ—ਸੁਆਸਾਂ ਨੂੰ ਸਾਂਭ (ਭਾਵ, ਸੁਆਸਾਂ ਨੂੰ ਖ਼ਾਲੀ ਨਾਹ ਜਾਣ ਦੇ) ਸੁਆਸ ਸੁਆਸ ਨਾਮ ਜਪ । ਸੁਖਮਨ ਨਾਰੀ—(ਇਹੀ ਹੈ) ਸੁਖਮਨਾ ਨਾੜੀ (ਦਾ ਅੱਭਿਆਸ) {ਪ੍ਰਾਣਾਯਾਮ ਕਰਨ ਵਾਲੇ ਜੋਗੀ ਤਾਂ ਖੱਬੀ ਨਾਸ ਦੇ ਰਸਤੇ ਸੁਆਸ ਉਤਾਂਹ ਖਿੱਚ ਕੇ ਦੋਹਾਂ ਭਰਵੱਟਿਆਂ ਦੇ ਵਿਚਕਾਰ ਮੱਥੇ ਵਿਚ ਸੁਖਮਨ ਨਾੜੀ ਵਿਚ ਟਿਕਾਂਦੇ ਹਨ । ਤੇ, ਫਿਰ ਸੱਜੀ ਨਾਸ ਦੇ ਰਸਤੇ ਉਤਾਰ ਦੇਂਦੇ ਹਨ । ਕਬੀਰ ਜੀ ਇਸ ਸਾਧਨ ਦੇ ਥਾਂ ਗੁਰੂ ਦੀ ਸ਼ਰਨ ਪੈ ਕੇ ਸੁਆਸ ਸੁਆਸ ਨਾਮ ਜਪਣ ਦੀ ਹਿਦਾਇਤ ਕਰਦੇ ਹਨ} ।੧।ਰਹਾਉ।

ਕਰਹੁ—ਧਾਰਨ ਕਰੋ । ਜਿ—ਕਿ । ਬਹੁਰਿ—ਫੇਰ, ਦੂਜੀ ਵਾਰ । ਪਦੁ—ਦਰਜਾ, ਟਿਕਾਣਾ । ਰਮਹੁ—ਮਾਣੋ । ਨ ਰਵਨਾ—ਮਾਣਨ ਦੀ ਲੋੜ ਨਾਹ ਰਹੇ ।੨।

ਉਲਟੀ—ਉਲਟਾਈ ਹੈ, ਮਨ ਦੀ ਬਿਰਤੀ ਦੁਨੀਆ ਵਲੋਂ ਪਰਤਾਈ ਹੈ । ਗੰਗਾ ਜਮੁਨ ਮਿਲਾਵਉ—(ਇਸ ਤਰ੍ਹਾਂ) ਮੈਂ ਗੰਗਾ ਤੇ ਜਮਨਾ ਨੂੰ ਮਿਲਾ ਰਿਹਾ ਹਾਂ (ਭਾਵ, ਜੋ ਸੰਗਮ ਮੈਂ ਆਪਣੇ ਅੰਦਰ ਬਣਾਇਆ ਹੋਇਆ ਹੈ ਉਥੇ ਤ੍ਰਿਬੇਣੀ ਵਾਲਾ ਪਾਣੀ ਨਹੀਂ ਹੈ) । ਨ੍ਹਾਵਉ—ਮੈਂ ਨ੍ਹਾ ਰਿਹਾ ਹਾਂ, ਇਸ਼ਨਾਨ ਕਰ ਰਿਹਾ ਹਾਂ {ਨੋਟ:- ਅੱਖਰ 'ਨ' ਦੇ ਹੇਠਾਂ ਅੱਧਾ 'ਹ' ਹੈ} । ਲੋਚਾ—ਅੱਖਾਂ ਨਾਲ । ਸਮਸਰਿ—ਇਕੋ ਜਿਹਾ (ਸਭ ਨੂੰ ਵੇਖਦਾ ਹਾਂ) । ਬਿਉਹਾਰਾ—ਵਰਤਣ, ਵਰਤਾਰਾ, ਅਮਲ । ਤਤੁ—ਅਸਲੀਅਤ, ਪਰਮਾਤਮਾ । ਬੀਚਾਰਿ—ਸਿਮਰ ਕੇ । ਅਵਰਿ—ਹੋਰ । ਬੀਚਾਰਾ—ਵਿਚਾਰਾਂ, ਸੋਚਾਂ ।੩।

ਅਪੁ—ਜਲ । ਤੇਜੁ—ਅੱਗ । ਬਾਇ—ਹਵਾ । ਐਸੀ—ਇਹੋ ਜਿਹੀ । ਰਹਤ—ਰਹਣੀ, ਜ਼ਿੰਦਗੀ ਗੁਜ਼ਾਰਨ ਦਾ ਤਰੀਕਾ । ਰਹਉ—ਮੈਂ ਰਹਿੰਦਾ ਹਾਂ । ਹਰਿ ਪਾਸਾ—ਹਰੀ ਦੇ ਪਾਸ, ਪ੍ਰਭੂ ਦੇ ਚਰਨਾਂ ਵਿਚ ਜੁੜ ਕੇ । ਧਿਆਵਉ—ਮੈਂ ਸਿਮਰ ਰਿਹਾ ਹਾਂ । ਤਿਤੁ ਘਰਿ—ਉਸ ਘਰ ਵਿਚ । ਜਾਉ—ਮੈਂ ਚਲਾ ਗਿਆ ਹਾਂ, ਅੱਪੜ ਗਿਆ ਹਾਂ । ਜਿ—ਕਿ । ਨ ਆਵਉ—ਨਹੀਂ ਆਵਾਂਗਾ, ਆਉਣਾ ਨਹੀਂ ਪਵੇਗਾ ।੪।੧੮।

ਅਰਥ:- (ਪ੍ਰਸ਼ਨ:) ਸਰੀਰ ਦਾ ਮੋਹ ਦੂਰ ਹੋਇਆਂ ਆਤਮਾ ਕਿੱਥੇ ਟਿਕਦਾ ਹੈ? (ਭਾਵ, ਪਹਿਲਾਂ ਤਾਂ ਜੀਵ ਆਪਣੇ ਸਰੀਰ ਦੇ ਮੋਹ ਕਰਕੇ ਮਾਇਆ ਵਿਚ ਮਸਤ ਰਹਿੰਦਾ ਹੈ, ਜਦੋਂ ਇਹ ਮੋਹ ਦੂਰ ਹੋ ਜਾਏ, ਤਦੋਂ ਜੀਵ ਦੀ ਸੁਰਤ ਕਿੱਥੇ ਜੁੜੀ ਰਹਿੰਦੀ ਹੈ?) । (ਉੱਤਰ:) (ਤਦੋਂ ਆਤਮਾ) ਸਤਿਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਸ ਪ੍ਰਭੂ ਵਿਚ ਜੁੜਿਆ ਰਹਿੰਦਾ ਹੈ ਜੋ ਮਾਇਆ ਦੇ ਬੰਧਨਾਂ ਤੋ ਪਰੇ ਹੈ ਤੇ ਬੇਅੰਤ ਹੈ । (ਪਰ) ਜਿਸ ਮਨੁੱਖ ਨੇ ਪ੍ਰਭੂ ਨੂੰ (ਆਪਣੇ ਅੰਦਰ) ਜਾਣਿਆ ਹੈ ਉਸ ਨੇ ਹੀ ਉਸ ਨੂੰ ਪਛਾਣਿਆ ਹੈ, ਜਿਵੇਂ ਗੂੰਗੇ ਦਾ ਮਨ ਸ਼ੱਕਰ ਵਿਚ ਪਤੀਜਦਾ ਹੈ (ਕੋਈ ਹੋਰ ਉਸ ਸੁਆਦ ਨੂੰ ਨਹੀਂ ਸਮਝਦਾ, ਕਿਸੇ ਹੋਰ ਨੂੰ ਉਹ ਸਮਝਾ ਨਹੀਂ ਸਕਦਾ) ।੧।

ਇਹੋ ਜਿਹਾ ਗਿਆਨ ਪ੍ਰਭੂ ਆਪ ਹੀ ਪਰਗਟ ਕਰਦਾ ਹੈ (ਭਾਵ, ਪ੍ਰਭੂ ਨਾਲ ਮਿਲਾਪ ਵਾਲਾ ਇਹ ਸੁਆਦ ਪ੍ਰਭੂ ਆਪ ਹੀ ਬਖ਼ਸ਼ਦਾ ਹੈ, ਤਾਂ ਤੇ) ਹੇ ਮਨ! ਸੁਆਸ ਸੁਆਸ ਨਾਮ ਜਪ, ਇਹੀ ਹੈ ਸੁਖਮਨਾ ਨਾੜੀ ਦਾ ਅੱਭਿਆਸ ।੧।ਰਹਾਉ।

ਇਹੋ ਜਿਹਾ ਗੁਰੂ ਧਾਰਨ ਕਰੋ ਕਿ ਦੂਜੀ ਵਾਰੀ ਗੁਰੂ ਧਾਰਨ ਦੀ ਲੋੜ ਹੀ ਨਾਹ ਰਹੇ; (ਭਾਵ, ਪੂਰੇ ਗੁਰੂ ਦੀ

ਚਰਨੀਂ ਲੱਗੋ); ਉਸ ਟਿਕਾਣੇ ਦਾ ਆਨੰਦ ਮਾਣੋ ਕਿ ਕਿਸੇ ਹੋਰ ਸੁਆਦ ਦੇ ਮਾਣਨ ਦੀ ਚਾਹ ਹੀ ਨਾਹ ਰਹੇ; ਇਹੋ ਜਿਹੀ ਬਿਰਤੀ ਜੋੜੋ ਕਿ ਫਿਰ (ਹੋਰਥੇ) ਜੋੜਨ ਦੀ ਲੋੜ ਨਾਹ ਰਹੇ; ਇਸ ਤਰ੍ਹਾਂ ਮਰੋ (ਭਾਵ, ਆਪਾ-ਭਾਵ ਦੂਰ ਕਰੋ ਕਿ) ਫਿਰ (ਜਨਮ) ਮਰਨ ਵਿਚ ਪੈਣਾ ਹੀ ਨਾਹ ਪਏ ।੨।

ਮੈਂ ਆਪਣੇ ਮਨ ਦੀ ਬਿਰਤੀ ਪਰਤਾ ਦਿੱਤੀ ਹੈ (ਇਸ ਤਰ੍ਹਾਂ) ਮੈਂ ਗੰਗਾ ਤੇ ਜਮਨਾ ਨੂੰ ਮਿਲਾ ਰਿਹਾ ਹਾਂ । (ਭਾਵ, ਆਪਣੇ ਅੰਦਰ ਤ੍ਰਿਬੇਣੀ ਦਾ ਸੰਗਮ ਬਣਾ ਰਿਹਾ ਹਾਂ); (ਇਸ ਉੱਦਮ ਨਾਲ) ਮੈਂ ਉਸ ਮਨ-ਰੂਪ (ਤ੍ਰਿਬੇਣੀ-) ਸੰਗਮ ਵਿਚ ਇਸ਼ਨਾਨ ਕਰ ਰਿਹਾ ਹਾਂ ਜਿੱਥੇ (ਗੰਗਾ, ਜਮਨਾ, ਸਰਸ੍ਵਤੀ ਵਾਲਾ) ਜਲ ਨਹੀਂ ਹੈ; (ਹੁਣ ਮੈਂ) ਇਹਨਾਂ ਅੱਖਾਂ ਨਾਲ (ਸਭ ਨੂੰ) ਇਕੋ ਜਿਹਾ ਵੇਖ ਰਿਹਾ ਹਾਂ—ਇਹ ਮੇਰੀ ਵਰਤਣ ਹੈ । ਇੱਕ ਪ੍ਰਭੂ ਨੂੰ ਸਿਮਰ ਕੇ ਮੈਨੂੰ ਹੁਣ ਹੋਰ ਵਿਚਾਰਾਂ ਦੀ ਲੋੜ ਨਹੀਂ ਰਹੀ ।੩।

ਪ੍ਰਭੂ ਦੇ ਚਰਨਾਂ ਵਿਚ ਜੁੜ ਕੇ ਮੈਂ ਇਸ ਤਰ੍ਹਾਂ ਦੀ ਰਹਿਣੀ ਰਹਿ ਰਿਹਾ ਹਾਂ, ਜਿਵੇਂ ਪਾਣੀ, ਅੱਗ, ਹਵਾ, ਧਰਤੀ ਤੇ ਅਕਾਸ਼ (ਭਾਵ, ਇਹਨਾਂ ਤੱਤਾਂ ਦੇ ਸੀਤਲਤਾ ਆਦਿਕ ਸ਼ੁਭ ਗੁਣਾਂ ਵਾਂਗ ਮੈਂ ਭੀ ਸ਼ੁਭ ਗੁਣ ਧਾਰਨ ਕੀਤੇ ਹਨ) । ਕਬੀਰ ਆਖਦਾ ਹੈ—ਮੈਂ ਮਾਇਆ ਤੋਂ ਰਹਿਤ ਪ੍ਰਭੂ ਨੂੰ ਸਿਮਰ ਰਿਹਾ ਹਾਂ, ਸਿਮਰਨ ਕਰਕੇ) ਉਸ ਘਰ (ਸਹਿਜ ਅਵਸਥਾ) ਵਿਚ ਅੱਪੜ ਗਿਆ ਹਾਂ ਕਿ ਫਿਰ (ਪਰਤ ਕੇ ਉਥੋਂ) ਆਉਣਾ ਨਹੀਂ ਪਏਗਾ ।੪।੧੮।

ਸ਼ਬਦ ਦਾ ਭਾਵ:- ਪ੍ਰਭੂ ਦੀ ਕਿਰਪਾ ਨਾਲ ਜੋ ਮਨੁੱਖ ਪੂਰਨ ਗੁਰੂ ਦਾ ਉਪਦੇਸ਼ ਲੈ ਕੇ ਸਿਮਰਨ ਕਰਦਾ ਹੈ, ਉਹ ਸਦਾ ਆਪਣੇ ਅੰਤਰ-ਆਤਮੇ ਨਾਮ-ਅੰਮ੍ਰਿਤ ਵਿਚ ਚੁੱਭੀ ਲਾਈ ਰੱਖਦਾ ਹੈ ਤੇ ਸਦਾ ਪ੍ਰਭੂ ਵਿਚ ਜੁੜਿਆ ਰਹਿੰਦਾ ਹੈ ।੧੮।

ਗਉੜੀ ਕਬੀਰ ਜੀ ਤਿਪਦੇ॰ ॥ ਕੰਚਨ ਸਿਉ ਪਾਈਐ ਨਹੀ ਤੋਲਿ ॥ ਮਨੁ ਦੇ ਰਾਮੁ ਲੀਆ ਹੈ ਮੋਲਿ ॥੧॥ ਅਬ ਮੋਹਿ ਰਾਮੁ ਅਪੁਨਾ ਕਰਿ ਜਾਨਿਆ ॥ ਸਹਜ ਸੁਭਾਇ ਮੇਰਾ ਮਨੁ ਮਾਨਿਆ ॥੧॥ ਰਹਾਉ ॥ ਬ੍ਰਹਮੈ ਕਥਿ ਕਥਿ ਅੰਤੁ ਨ ਪਾਇਆ ॥ ਰਾਮ ਭਗਤਿ ਬੈਠੇ ਘਰਿ ਆਇਆ ॥੨॥ ਕਹੁ ਕਬੀਰ ਚੰਚਲ ਮਤਿ ਤਿਆਗੀ ॥ ਕੇਵਲ ਰਾਮ ਭਗਤਿ ਨਿਜ ਭਾਗੀ ॥੩॥੧॥੧੯॥ {ਪੰਨਾ 327}

ਪਦਅਰਥ:- ਕੰਚਨ ਸਿਉ—ਸੋਨੇ ਨਾਲ, ਸੋਨਾ ਦੇ ਕੇ, ਸੋਨ ਦੇ ਵੱਟੇ । ਪਾਈਐ ਨਹੀ—ਨਹੀਂ ਮਿਲਦਾ । ਤੋਲਿ—ਸਾਵਾਂ ਤੋਲ ਕੇ । ਦੇ—ਦੇ ਕੇ । ਮੋਲਿ—ਮੁੱਲ ਦੇ ਥਾਂ, ਮੁੱਲ ਵਜੋਂ ।੧।

ਮੋਹਿ—ਮੈਂ । ਅਪੁਨਾ ਕਰਿ—ਨਿਸ਼ਚੇ ਨਾਲ ਆਪਣਾ । ਸਹਜ ਸੁਭਾਇ—ਸੁਤੇ ਹੀ, ਬਿਨਾ ਯਤਨ ਕਰਨ ਦੇ । ਮਾਨਿਆ—ਪਤੀਜ ਗਿਆ ਹੈ ।੧।ਰਹਾਉ।

ਬ੍ਰਹਮੈ—ਬ੍ਰਹਮਾ ਨੇ । ਕਥਿ ਕਥਿ—ਬਿਆਨ ਕਰ ਕਰ ਕੇ, ਗੁਣ ਵਰਨਣ ਕਰ ਕਰ ਕੇ । ਭਗਤਿ—ਭਗਤੀ (ਕਰਨ ਦੇ ਕਾਰਨ) । ਬੈਠੇ—ਬੈਠਿਆਂ ਹੀ, ਸਹਜਿ-ਸੁਭਾਇ ਹੀ, ਕੋਈ ਜਤਨ ਕਰਨ ਤੋਂ ਬਿਨਾ ਹੀ । ਘਰਿ—ਘਰ ਵਿਚ, ਹਿਰਦੇ ਵਿਚ ।੨।

ਚੰਚਲ—ਛੋਹਰ-ਛਿੰਨੀ । ਮਤਿ—ਅਕਲ, ਬੁੱਧੀ । ਤਿਆਗੀ—ਛੱਡ ਦਿੱਤੀ ਹੈ । ਕੇਵਲ—ਨਿਰੀ । ਨਿਜ ਭਾਗੀ—ਮੇਰੇ ਹਿੱਸੇ ਆਈ ਹੈ ।੩।

ਅਰਥ:- ਸੋਨਾ ਸਾਵਾਂ ਤੋਲ ਕੇ ਵੱਟੇ ਵਿਚ ਦਿੱਤਿਆਂ ਰੱਬ ਨਹੀਂ ਮਿਲਦਾ, ਮੈਂ ਤਾਂ ਮੁੱਲ ਵਜੋਂ ਆਪਣਾ ਮਨ ਦੇ ਕੇ ਰੱਬ ਲੱਭਾ ਹੈ ।੧।

ਹੁਣ ਤਾਂ ਮੈਨੂੰ ਯਕੀਨ ਆ ਗਿਆ ਹੋਇਆ ਹੈ ਕਿ ਰੱਬ ਮੇਰਾ ਆਪਣਾ ਹੀ ਹੈ; ਸੁਤੇ ਹੀ ਮੇਰੇ ਮਨ ਵਿਚ ਇਹ ਗੰਢ ਬੱਝ ਗਈ ਹੋਈ ਹੈ ।੧।ਰਹਾਉ।

ਜਿਸ ਰੱਬ ਦੇ ਗੁਣ ਦੱਸ ਦੱਸ ਕੇ ਬ੍ਰਹਮਾ ਨੇ (ਭੀ) ਅੰਤ ਨਾਹ ਪਾਇਆ, ਉਹ ਰੱਬ ਮੇਰੇ ਭਜਨ ਦੇ ਕਾਰਨ ਸਹਜਿ-ਸੁਭਾਇ ਹੀ ਮੈਨੂੰ ਮੇਰੇ ਹਿਰਦੇ ਵਿਚ ਆ ਕੇ ਮਿਲ ਪਿਆ ਹੈ ।੨।

ਹੇ ਕਬੀਰ! (ਹੁਣ) ਆਖ—ਮੈਂ ਛੋਹਰ-ਛਿੰਨਾ ਸੁਭਾਉ ਛਡ ਦਿੱਤਾ ਹੈ, (ਹੁਣ ਤਾਂ) ਨਿਰੀ ਰੱਬ ਦੀ ਭਗਤੀ ਹੀ ਮੇਰੇ ਹਿੱਸੇ ਆਈ ਹੋਈ ਹੈ ।੩।੧੯।

ਸ਼ਬਦ ਦਾ ਭਾਵ:- ਧਨ-ਪਦਾਰਥ ਆਦਿਕ ਦੇ ਵੱਟੇ ਰੱਬ ਦਾ ਨਾਮ ਨਹੀਂ ਮਿਲ ਸਕਦਾ । ਜਿਸ ਮਨੁੱਖ ਨੇ ਆਪਾ-ਭਾਵ ਦੂਰ ਕੀਤਾ ਹੈ, ਉਸ ਨੂੰ ਆਤਮਕ ਅਡੋਲਤਾ ਵਿਚ ਆ ਮਿਲਿਆ ਹੈ; ਉਹ ਮਨੁੱਖ ਮਨ ਦੀ ਚੰਚਲਤਾ ਛਡ ਕੇ ਸਦਾ ਸਿਮਰਨ ਵਿਚ ਜੁੜਿਆ ਰਹਿੰਦਾ ਹੈ ।੧੯।

ਨੋਟ:- ਇਸ ਸ਼ਬਦ ਦੇ ਸਿਰ-ਲੇਖ ਦੇ ਲਫ਼ਜ਼ 'ਤਿਪਦੇ' ਦੇ ਹੇਠ ਨਿੱਕਾ ਜਿਹਾ ਅੰਕ '੧੫' ਹੈ । ਇਸ ਦਾ ਭਾਵ ਇਹ ਹੈ ਕਿ ਸ਼ਬਦ ਨੰ: ੧੯ ਤੋਂ ੩੩ ਤਕ ਦੇ ੧੫ ਸ਼ਬਦ ਤਿੰਨ ਤਿੰਨ 'ਬੰਦਾਂ' ਵਾਲੇ ਹਨ ।

ਗਉੜੀ ਕਬੀਰ ਜੀ ॥ ਜਿਹ ਮਰਨੈ ਸਭੁ ਜਗਤੁ ਤਰਾਸਿਆ ॥ ਸੋ ਮਰਨਾ ਗੁਰ ਸਬਦਿ ਪ੍ਰਗਾਸਿਆ ॥੧॥ ਅਬ ਕੈਸੇ ਮਰਉ ਮਰਨਿ ਮਨੁ ਮਾਨਿਆ ॥ ਮਰਿ ਮਰਿ ਜਾਤੇ ਜਿਨ ਰਾਮੁ ਨ ਜਾਨਿਆ ॥੧॥ ਰਹਾਉ ॥ ਮਰਨੋ ਮਰਨੁ ਕਹੈ ਸਭੁ ਕੋਈ ॥ ਸਹਜੇ ਮਰੈ ਅਮਰੁ ਹੋਇ ਸੋਈ ॥੨॥ ਕਹੁ ਕਬੀਰ ਮਨਿ ਭਇਆ ਅਨੰਦਾ ॥ ਗਇਆ ਭਰਮੁ ਰਹਿਆ ਪਰਮਾਨੰਦਾ ॥੩॥੨੦॥ {ਪੰਨਾ 327}

ਪਦਅਰਥ:- ਜਿਹ ਮਰਨੈ—ਜਿਸ ਮੌਤ ਨੇ । ਤਰਾਸਿਆ—ਡਰਾ ਦਿੱਤਾ ਹੈ । ਗੁਰ ਸਬਦਿ—ਗੁਰੂ ਦੇ ਸ਼ਬਦ (ਦੀ ਬਰਕਤਿ) ਨਾਲ । ਪ੍ਰਗਾਸਿਆ—ਪਰਗਟ ਹੋ ਗਿਆ ਹੈ, ਉਸ ਦਾ ਅਸਲੀ ਰੂਪ ਦਿੱਸ ਪਿਆ ਹੈ, ਮਲੂਮ ਹੋ ਗਿਆ ਹੈ ਕਿ ਅਸਲ ਵਿਚ ਇਹ ਕੀਹ ਹੈ ।੧।

ਮਰਉ—ਮੈਂ ਮਰਾਂ, ਜਨਮ ਮਰਨ ਵਿਚ ਪਵਾਂ । ਮਰਨਿ—ਮਰਨ ਵਿਚ, ਮੌਤ ਵਿਚ, ਸੰਸਾਰਕ ਮੋਹ ਦੀ ਮੌਤ ਵਿਚ, ਆਪਾ-ਭਾਵ ਦੀ ਮੌਤ ਵਿਚ । ਮਰਿ ਮਰਿ ਜਾਤੇ—ਸਦਾ ਮਰਦੇ-ਖਪਦੇ ਹਨ ।੧।ਰਹਾਉ।

ਮਰਨੋ ਮਰਨੁ—ਮੌਤ ਆ ਜਾਣੀ ਹੈ, ਮਰ ਜਾਣਾ ਹੈ । ਸਭੁ ਕੋਈ—ਹਰੇਕ ਜੀਵ । ਸਹਜੇ—ਸਹਜ ਅਵਸਥਾ ਵਿਚ, ਅਡੋਲਤਾ ਵਿਚ, ਥਿਰ-ਚਿੱਤ ਹੋ ਕੇ । ਮਰੈ—ਮਰਦਾ ਹੈ, ਮਾਇਆ ਵਲੋਂ ਮਰਦਾ ਹੈ, ਦੁਨੀਆ ਦੀਆਂ ਖ਼ਾਹਸ਼ਾਂ ਵਲੋਂ ਬੇਪਰਵਾਹ ਹੋ ਜਾਂਦਾ ਹੈ । ਅਮਰੁ—ਮਰਨ ਤੋਂ ਰਹਿਤ, ਸਦਾ ਜ਼ਿੰਦਾ । ਸੋਈ—ਉਹ ਮਨੁੱਖ ।੨।

ਮਨਿ—ਮਨ ਵਿਚ । ਭਇਆ—ਹੋਇਆ ਹੈ, ਉਪਜਿਆ ਹੈ, ਪੈਦਾ ਹੋ ਗਿਆ ਹੈ । ਅਨੰਦਾ—ਖ਼ੁਸ਼ੀ, ਖਿੜਾਉ । ਭਰਮੁ—ਭੁਲੇਖਾ, ਸ਼ੱਕ । ਰਹਿਆ—ਬਾਕੀ ਰਹਿ ਗਿਆ ਹੈ, ਟਿਕ ਗਿਆ ਹੈ । ਪਰਮਾਨੰਦਾ—ਪਰਮ ਅਨੰਦ, ਪਰਮ ਸੁਖ, ਵੱਡੀ ਤੋਂ ਵੱਡੀ ਖ਼ੁਸ਼ੀ ।੩।

ਅਰਥ:- ਜਿਸ ਮੌਤ ਨੇ ਸਾਰਾ ਸੰਸਾਰ ਡਰਾ ਦਿੱਤਾ ਹੋਇਆ ਹੈ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਮੈਨੂੰ ਸਮਝ ਆ ਗਈ ਹੈ ਕਿ ਉਹ ਮੌਤ ਅਸਲ ਵਿਚ ਕੀਹ ਚੀਜ਼ ਹੈ ।੧।

ਹੁਣ ਮੈਂ ਜਨਮ ਮਰਨ ਵਿਚ ਕਿਉਂ ਪਵਾਂਗਾ? (ਭਾਵ, ਨਹੀਂ ਪਵਾਂਗਾ) (ਕਿਉਂਕਿ) ਮੇਰਾ ਮਨ ਆਪਾ-ਭਾਵ ਦੀ ਮੌਤ ਵਿਚ ਪਤੀਜ ਗਿਆ ਹੈ । (ਕੇਵਲ) ਉਹ ਮਨੁੱਖ ਸਦਾ ਜੰਮਦੇ ਮਰਦੇ ਰਹਿੰਦੇ ਹਨ ਜਿਨ੍ਹਾਂ ਨੇ ਪ੍ਰਭੂ ਨੂੰ ਨਹੀਂ

ਪਛਾਣਿਆ (ਪ੍ਰਭੂ ਨਾਲ ਸਾਂਝ ਨਹੀਂ ਪਾਈ) ।੧।ਰਹਾਉ।

(ਦੁਨੀਆ ਵਿਚ) ਹਰੇਕ ਜੀਵ 'ਮੌਤ, ਮੌਤ' ਆਖ ਰਿਹਾ ਹੈ (ਭਾਵ, ਹਰੇਕ ਜੀਵ ਮੌਤ ਤੋਂ ਘਾਬਰ ਰਿਹਾ ਹੈ), (ਪਰ ਜੋ ਮਨੁੱਖ) ਅਡੋਲਤਾ ਵਿਚ (ਰਹਿ ਕੇ) ਦੁਨੀਆ ਦੀਆਂ ਖ਼ਾਹਸ਼ਾਂ ਤੋਂ ਬੇਪਰਵਾਹ ਹੋ ਜਾਂਦਾ ਹੈ ਉਹ ਅਮਰ ਹੋ ਜਾਂਦਾ ਹੈ (ਉਸ ਨੂੰ ਮੌਤ ਡਰਾ ਨਹੀਂ ਸਕਦੀ) ।੨।

ਹੇ ਕਬੀਰ! ਆਖ—(ਗੁਰੂ ਦੀ ਕਿਰਪਾ ਨਾਲ ਮੇਰੇ) ਮਨ ਵਿਚ ਅਨੰਦ ਪੈਦਾ ਹੋ ਗਿਆ ਹੈ, ਮੇਰਾ ਭੁਲੇਖਾ ਦੂਰ ਹੋ ਚੁਕਾ ਹੈ, ਤੇ ਪਰਮ ਸੁਖ (ਮੇਰੇ ਹਿਰਦੇ ਵਿਚ) ਟਿਕ ਗਿਆ ਹੈ ।੩।੨੦।

ਸ਼ਬਦ ਦਾ ਭਾਵ:- ਜੋ ਮਨੁੱਖ ਪ੍ਰਭੂ ਦਾ ਸਿਮਰਨ ਕਰਦੇ ਹਨ ਉਹਨਾਂ ਨੂੰ ਮੌਤ ਦਾ ਡਰ ਨਹੀਂ ਰਹਿੰਦਾ; ਬਾਕੀ ਸਾਰਾ ਜਹਾਨ ਮੌਤ ਤੋਂ ਡਰ ਰਿਹਾ ਹੈ ।੨੦।

ਗਉੜੀ ਕਬੀਰ ਜੀ ॥ ਕਤ ਨਹੀ ਠਉਰ ਮੂਲੁ ਕਤ ਲਾਵਉ ॥ ਖੋਜਤ ਤਨ ਮਹਿ ਠਉਰ ਨ ਪਾਵਉ ॥੧॥ ਲਾਗੀ ਹੋਇ ਸੁ ਜਾਨੈ ਪੀਰ ॥ ਰਾਮ ਭਗਤਿ ਅਨੀਆਲੇ ਤੀਰ ॥੧॥ ਰਹਾਉ ॥ ਏਕ ਭਾਇ ਦੇਖਉ ਸਭ ਨਾਰੀ ॥ ਕਿਆ ਜਾਨਉ ਸਹ ਕਉਨ ਪਿਆਰੀ ॥੨॥ ਕਹੁ ਕਬੀਰ ਜਾ ਕੈ ਮਸਤਕਿ ਭਾਗੁ ॥ ਸਭ ਪਰਹਰਿ ਤਾ ਕਉ ਮਿਲੈ ਸੁਹਾਗੁ ॥੩॥੨੧॥ {ਪੰਨਾ 327}

ਪਦਅਰਥ:- ਕਤ—ਕਿਤੇ । ਠਉਰ—ਥਾਂ । ਮੂਲੁ—ਜੜ੍ਹੀ ਬੂਟੀ, ਦਵਾਈ । ਕਤ—ਕਿੱਥੇ? ਲਾਵਉ—ਮੈਂ ਲਾਵਾਂ ਖੋਜਤ—ਭਾਲ ਕਰ ਕਰ ਕੇ । ਤਨ ਮਹਿ—ਸਰੀਰ ਵਿਚ । ਨ ਪਾਵਉ—ਮੈਂ ਨਹੀਂ ਲੱਭ ਸਕਦਾ ।੧।

ਸੁ—ਉਹ ਮਨੁੱਖ । ਲਾਗੀ ਹੋਇ—(ਜਿਸ ਨੂੰ) ਲੱਗੀ ਹੋਈ ਹੋਵੇ । ਪੀਰ—ਪੀੜ । ਰਾਮ ਭਗਤਿ—ਪ੍ਰਭੂ ਦੀ ਭਗਤੀ । ਅਨੀਆਲੇ—ਅਣੀਆਂ ਵਾਲੇ, ਤ੍ਰਿਖੇ ।੧।ਰਹਾਉ।

ਏਕ ਭਾਇ—ਇਕ (ਪ੍ਰਭੂ) ਦੇ ਪਿਆਰ ਵਿਚ {ਭਾਉ—ਪਿਆਰ । ਭਾਇ—ਪਿਆਰ ਵਿਚ} । ਦੇਖਉ—ਮੈਂ ਵੇਖਦਾ ਹਾਂ । ਸਭ ਨਾਰੀ—ਸਾਰੀਆਂ ਜੀਵ-ਇਸਤ੍ਰੀਆਂ । ਕਿਆ ਜਾਨਉ—ਮੈਂ ਕੀਹ ਜਾਣਾ, ਮੈਨੂੰ ਕੀਹ ਪਤਾ? ਸਹ ਪਿਆਰੀ—ਪਤੀ ਦੀ ਪਿਆਰੀ ।੨।

ਜਾ ਕੈ ਮਸਤਕਿ—ਜਿਸ ਦੇ ਮੱਥੇ ਉੱਤੇ । ਭਾਗੁ—ਚੰਗੇ ਲੇਖ । ਤਾ ਕਉ—ਉਸ ਜੀਵ-ਇਸਤ੍ਰੀ ਨੂੰ । ਸਭ ਪਰਹਰਿ—ਸਾਰੀਆਂ ਨੂੰ ਛੱਡ ਕੇ । ਸੁਹਾਗੁ—ਪਤੀ ਪਰਮਾਤਮਾ ।੩।

ਅਰਥ:- ਭਾਲ ਕਰਦਿਆਂ ਭੀ ਸਰੀਰ ਵਿਚ ਕਿਤੇ (ਅਜਿਹੀ ਖ਼ਾਸ) ਥਾਂ ਮੈਨੂੰ ਨਹੀਂ ਲੱਭੀ (ਜਿੱਥੇ ਬਿਰਹੋਂ ਦੀ ਪੀੜ ਦੱਸੀ ਜਾ ਸਕੇ); (ਸਰੀਰ ਵਿਚ) ਕਿਤੇ (ਅਜਿਹਾ) ਥਾਂ ਨਹੀਂ ਹੈ, (ਤਾਂ ਫਿਰ) ਮੈਂ ਦਵਾਈ ਕਿੱਥੇ ਵਰਤਾਂ? (ਭਾਵ, ਕੋਈ ਬਾਹਰਲੀ ਦਵਾਈ ਪ੍ਰਭੂ ਤੋਂ ਵਿਛੋੜੇ ਦਾ ਦੁੱਖ ਦੂਰ ਕਰਨ ਦੇ ਸਮਰੱਥ ਨਹੀਂ ਹੈ) ।੧।

ਪ੍ਰਭੂ ਦੀ ਭਗਤੀ ਅਣੀਆਂ ਵਾਲੇ ਤੀਰ ਹਨ, ਜਿਸ ਨੂੰ (ਇਹਨਾਂ ਤੀਰਾਂ ਦੇ ਲੱਗੇ ਹੋਏ ਜ਼ਖ਼ਮ ਦੀ) ਦਰਦ ਹੋ ਰਹੀ ਹੋਵੇ ਉਹੀ ਜਾਣਦਾ ਹੈ (ਕਿ ਇਹ ਪੀੜ ਕਿਹੋ ਜਿਹੀ ਹੁੰਦੀ ਹੈ) ।੧।ਰਹਾਉ।

ਮੈਂ ਸਾਰੀਆਂ ਜੀਵ-ਇਸਤ੍ਰੀਆਂ ਨੂੰ ਇੱਕ ਪ੍ਰਭੂ ਦੇ ਪਿਆਰ ਵਿਚ ਵੇਖ ਰਿਹਾ ਹਾਂ, (ਪਰ) ਮੈਂ ਕੀਹ ਜਾਣਾਂ ਕਿ ਕਿਹੜੀ (ਜੀਵ-ਇਸਤ੍ਰੀ) ਪ੍ਰਭੂ-ਪਤੀ ਦੀ ਪਿਆਰੀ ਹੈ ।੨।

ਹੇ ਕਬੀਰ! ਆਖ—ਜਿਸ (ਜਗਿਆਸੂ) ਜੀਵ-ਇਸਤ੍ਰੀ ਦੇ ਮੱਥੇ ਤੇ ਚੰਗੇ ਲੇਖ ਹਨ (ਜਿਸ ਦੇ ਭਾਗ ਚੰਗੇ ਹਨ), ਪਤੀ-ਪ੍ਰਭੂ ਹੋਰ ਸਾਰੀਆਂ ਨੂੰ ਛੱਡ ਕੇ ਉਸ ਨੂੰ ਆ ਮਿਲਦਾ ਹੈ (ਭਾਵ, ਹੋਰਨਾਂ ਨਾਲੋਂ ਵਧੀਕ ਉਸ ਨਾਲ ਪਿਆਰ

ਕਰਦਾ ਹੈ ਤੇ ਉਸ ਦਾ ਬਿਰਹੋਂ ਦਾ ਦੁੱਖ ਦੂਰ ਹੋ ਜਾਂਦਾ ਹੈ) ।੩।੨੧।

ਸ਼ਬਦ ਦਾ ਭਾਵ:- ਵੇਖਣ ਨੂੰ ਤਾਂ ਸਭ ਜੀਵ ਪ੍ਰਭੂ ਨੂੰ ਮਿਲਣ ਦਾ ਉੱਦਮ ਕਰ ਰਹੇ ਹਨ; ਪਰ ਪ੍ਰਭੂ ਮਿਲਦਾ ਉਸੇ ਵਡਭਾਗੀ ਨੂੰ ਹੈ, ਜਿਸ ਦਾ ਹਿਰਦਾ ਪ੍ਰੇਮ ਨਾਲ ਵਿੱਝ ਜਾਂਦਾ ਹੈ ।੨੧।

ਗਉੜੀ ਕਬੀਰ ਜੀ ॥ ਜਾ ਕੈ ਹਰਿ ਸਾ ਠਾਕੁਰੁ ਭਾਈ ॥ ਮੁਕਤਿ ਅਨੰਤ ਪੁਕਾਰਣਿ ਜਾਈ ॥੧॥ ਅਬ ਕਹੁ ਰਾਮ ਭਰੋਸਾ ਤੋਰਾ ॥ ਤਬ ਕਾਹੂ ਕਾ ਕਵਨੁ ਨਿਹੋਰਾ ॥੧॥ ਰਹਾਉ ॥ ਤੀਨਿ ਲੋਕ ਜਾ ਕੈ ਹਹਿ ਭਾਰ ॥ ਸੋ ਕਾਹੇ ਨ ਕਰੈ ਪ੍ਰਤਿਪਾਰ ॥੨॥ ਕਹੁ ਕਬੀਰ ਇਕ ਬੁਧਿ ਬੀਚਾਰੀ ॥ ਕਿਆ ਬਸੁ ਜਉ ਬਿਖੁ ਦੇ ਮਹਤਾਰੀ ॥੩॥੨੨॥ {ਪੰਨਾ 328}

ਪਦਅਰਥ:- ਜਾ ਕੈ—ਜਿਸ ਦੇ ਹਿਰਦੇ-ਰੂਪ ਘਰ ਵਿਚ । ਹਰਿ ਸਾ—ਪਰਮਾਤਮਾ ਵਰਗਾ (ਭਾਵ, ਪਰਮਾਤਮਾ ਆਪ) । ਠਾਕੁਰੁ—ਮਾਲਿਕ । ਭਾਈ—ਹੇ ਵੀਰ! ਅਨੰਤ—ਅਨੇਕਾਂ ਵਾਰੀ । ਪੁਕਾਰਣਿ ਜਾਈ—ਸੱਦਣ ਲਈ ਜਾਂਦੀ ਹੈ, (ਭਾਵ, ਆਪਣਾ ਆਪ ਭੇਟਾ ਕਰਦੀ ਹੈ) ।੧।

ਅਬ—ਹੁਣ । ਕਹੁ—ਆਖ । ਰਾਮ—ਹੇ ਪ੍ਰਭੂ! ਤੋਰਾ—ਤੇਰਾ । ਕਾਹੂ ਕਾ—ਕਿਸੇ ਹੋਰ ਦਾ । ਕਵਨੁ—ਕਿਹੜਾ, ਕੀਹ? ਨਿਹੋਰਾ—ਅਹਿਸਾਨ ।੧।ਰਹਾਉ।

ਜਾ ਕੈ ਭਾਰ—ਜਿਸ (ਪ੍ਰਭੂ) ਦੇ ਆਸਰੇ । ਕਾਹੇ ਨ—ਕਿਉਂ ਨ? ਪ੍ਰਤਿਪਾਰ—ਪਾਲਣਾ ।੨।

ਬੁਧਿ—ਅਕਲ, ਸੋਚ । ਬੀਚਾਰੀ—ਵਿਚਾਰੀ ਹੈ, ਸੋਚੀ ਹੈ । ਜਉ—ਜੇ ਕਰ । ਬਿਖੁ—ਵਿਹੁ, ਜ਼ਹਿਰ । ਮਹਤਾਰੀ—ਮਾਂ । ਬਸੁ—ਵੱਸ, ਜ਼ੋਰ ।੩।

ਅਰਥ:- ਹੇ ਸੱਜਣ! ਜਿਸ ਮਨੁੱਖ ਦੇ ਹਿਰਦੇ-ਰੂਪ ਘਰ ਵਿਚ ਪ੍ਰਭੂ ਮਾਲਕ ਆਪ (ਮੌਜੂਦ) ਹੈ, ਮੁਕਤੀ ਉਸ ਅੱਗੇ ਆਪਣਾ ਆਪ ਅਨੇਕਾਂ ਵਾਰੀ ਭੇਟ ਕਰਦੀ ਹੈ ।੧।

(ਹੇ ਕਬੀਰ! ਪ੍ਰਭੂ ਦੀ ਹਜ਼ੂਰੀ ਵਿਚ) ਹੁਣ ਆਖ—ਹੇ ਪ੍ਰਭੂ! ਜਿਸ ਮਨੁੱਖ ਨੂੰ ਇਕ ਤੇਰਾ ਆਸਰਾ ਹੈ ਉਸ ਨੂੰ ਹੁਣ ਕਿਸੇ ਦੀ ਖ਼ੁਸ਼ਾਮਦ (ਕਰਨ ਦੀ ਲੋੜ) ਨਹੀਂ ਹੈ ।੧।ਰਹਾਉ।

ਜਿਸ ਪ੍ਰਭੂ ਦੇ ਆਸਰੇ ਤ੍ਰੈਵੇ ਲੋਕ ਹਨ, ਉਹ (ਤੇਰੀ) ਪਾਲਣਾ ਕਿਉਂ ਨ ਕਰੇਗਾ? ।੨।

ਹੇ ਕਬੀਰ! ਆਖ—ਅਸਾਂ ਇਕ ਸੋਚ ਸੋਚੀ ਹੈ (ਉਹ ਇਹ ਹੈ ਕਿ) ਜੇ ਮਾਂ ਹੀ ਜ਼ਹਿਰ ਦੇਣ ਲੱਗੇ ਤਾਂ (ਪੁੱਤਰ ਦਾ) ਕੋਈ ਜ਼ੋਰ ਨਹੀਂ ਚੱਲ ਸਕਦਾ ।੩।੨੨।

ਸ਼ਬਦ ਦਾ ਭਾਵ:- ਜਿਸ ਮਨੁੱਖ ਨੂੰ ਪ੍ਰਭੂ-ਪਿਤਾ ਉਤੇ ਪੂਰਾ ਸਿਦਕ ਹੈ, ਉਸ ਨੂੰ ਕਿਸੇ ਹੋਰ ਦੀ ਮੁਥਾਜੀ ਨਹੀਂ ਰਹਿ ਜਾਂਦੀ ।੨੨।

ਗਉੜੀ ਕਬੀਰ ਜੀ ॥ ਬਿਨੁ ਸਤ ਸਤੀ ਹੋਇ ਕੈਸੇ ਨਾਰਿ ॥ ਪੰਡਿਤ ਦੇਖਹੁ ਰਿਦੈ ਬੀਚਾਰਿ ॥੧॥ ਪ੍ਰੀਤਿ ਬਿਨਾ ਕੈਸੇ ਬਧੈ ਸਨੇਹੁ ॥ ਜਬ ਲਗੁ ਰਸੁ ਤਬ ਲਗੁ ਨਹੀ ਨੇਹੁ ॥੧॥ ਰਹਾਉ ॥ ਸਾਹਨਿ ਸਤੁ ਕਰੈ ਜੀਅ ਅਪਨੈ ॥ ਸੋ ਰਮਯੇ ਕਉ ਮਿਲੈ ਨ ਸੁਪਨੈ ॥੨॥ ਤਨੁ ਮਨੁ ਧਨੁ ਗ੍ਰਿਹੁ ਸਉਪਿ ਸਰੀਰੁ ॥ ਸੋਈ ਸੁਹਾਗਨਿ ਕਹੈ ਕਬੀਰੁ ॥੩॥੨੩॥ {ਪੰਨਾ 328}

ਪਦਅਰਥ:- ਹੋਇ ਕੈਸੇ—ਕਿਵੇਂ ਹੋ ਸਕਦੀ ਹੈ? ਕਿਵੇਂ ਅਖਵਾ ਸਕਦੀ ਹੈ? ਸਤ—ਸੁੱਚਾ ਆਚਰਨ । ਨਾਰਿ—ਇਸਤ੍ਰੀ । ਪੰਡਿਤ—ਹੇ ਪੰਡਿਤ! ਬੀਚਾਰਿ—ਵਿਚਾਰ ਕਰ ਕੇ ।੧।

ਬਧੈ—ਬਣ ਸਕਦਾ ਹੈ । ਸਨੇਹੁ—ਪਿਆਰ । ਰਸੁ—ਮਾਇਆ ਦਾ ਸੁਆਦ ।੧।ਰਹਾਉ।

ਸਾਹਨਿ—ਸ਼ਾਹਣੀ, ਸ਼ਾਹ ਦੀ ਵਹੁਟੀ, ਪ੍ਰਭੂ-ਸ਼ਾਹ ਦੀ ਇਸਤ੍ਰੀ, ਮਾਇਆ । ਸਤੁ ਕਰੈ—ਸੱਤ ਸਮਝਦਾ ਹੈ । ਜੀਅ—ਹਿਰਦੇ ਵਿਚ । ਰਮਯੇ ਕਉ—ਰਾਮ ਨੂੰ ।੨।

ਸਉਪਿ—ਸੌਂਪੇ, ਹਵਾਲੇ ਕਰ ਦੇਵੇ । ਸੁਹਾਗਨਿ—ਸੁਹਾਗ ਵਾਲੀ, ਭਾਗਾਂ ਵਾਲੀ ।੩।

ਅਰਥ:- ਹੇ ਪੰਡਿਤ! ਮਨ ਵਿਚ ਵਿਚਾਰ ਕੇ ਵੇਖ, ਭਲਾ ਸਤਿ-ਧਰਮ ਤੋਂ ਬਿਨਾ ਕੋਈ ਇਸਤ੍ਰੀ ਸਤੀ ਕਿਵੇਂ ਬਣ ਸਕਦੀ ਹੈ? ।੧।

(ਇਸੇ ਤਰ੍ਹਾਂ ਹਿਰਦੇ ਵਿਚ) ਪ੍ਰੀਤ ਤੋਂ ਬਿਨਾ (ਪ੍ਰਭੂ-ਪਤੀ ਨਾਲ) ਪਿਆਰ ਕਿਵੇਂ ਬਣ ਸਕਦਾ ਹੈ? ਜਦ ਤਾਈਂ (ਮਨ ਵਿਚ) ਮਾਇਆ ਦਾ ਚਸਕਾ ਹੈ, ਤਦ ਤਾਈਂ (ਪਤੀ ਪਰਮਾਤਮਾ ਨਾਲ) ਪਿਆਰ ਨਹੀਂ ਹੋ ਸਕਦਾ ।੧।ਰਹਾਉ।

ਜੋ ਮਨੁੱਖ ਮਾਇਆ ਨੂੰ ਹੀ ਆਪਣੇ ਹਿਰਦੇ ਵਿਚ ਸੱਤ ਸਮਝਦਾ ਹੈ ਉਹ ਪ੍ਰਭੂ ਨੂੰ ਸੁਪਨੇ ਵਿਚ ਭੀ (ਭਾਵ, ਕਦੇ ਭੀ) ਨਹੀਂ ਮਿਲ ਸਕਦਾ ।੨।

ਕਬੀਰ ਆਖਦਾ ਹੈ—ਉਹੋ (ਜੀਵ-) ਇਸਤ੍ਰੀ ਭਾਗਾਂ ਵਾਲੀ ਹੈ ਜੋ ਆਪਣਾ ਤਨ, ਮਨ, ਧਨ, ਘਰ ਤੇ ਸਰੀਰ (ਆਪਣੇ ਪਤੀ ਦੇ) ਹਵਾਲੇ ਕਰ ਦੇਂਦੀ ਹੈ ।੩।੨੩।

ਸ਼ਬਦ ਦਾ ਭਾਵ: ਮਾਇਆ ਦਾ ਮੋਹ ਤਿਆਗਿਆਂ ਹੀ ਪ੍ਰਭੂ-ਚਰਨਾਂ ਵਿਚ ਪਿਆਰ ਬਣ ਸਕਦਾ ਹੈ; ਦੋਵੇਂ ਇਕੱਠੇ ਨਹੀਂ ਟਿਕ ਸਕਦੇ ।੨੩।

ਗਉੜੀ ਕਬੀਰ ਜੀ ॥ ਬਿਖਿਆ ਬਿਆਪਿਆ ਸਗਲ ਸੰਸਾਰੁ ॥ ਬਿਖਿਆ ਲੈ ਡੂਬੀ ਪਰਵਾਰੁ ॥੧॥ ਰੇ ਨਰ ਨਾਵ ਚਉੜਿ ਕਤ ਬੋੜੀ ॥ ਹਰਿ ਸਿਉ ਤੋੜਿ ਬਿਖਿਆ ਸੰਗਿ ਜੋੜੀ ॥੧॥ ਰਹਾਉ ॥ ਸੁਰਿ ਨਰ ਦਾਧੇ ਲਾਗੀ ਆਗਿ ॥ ਨਿਕਟਿ ਨੀਰੁ ਪਸੁ ਪੀਵਸਿ ਨ ਝਾਗਿ ॥੨॥ ਚੇਤਤ ਚੇਤਤ ਨਿਕਸਿਓ ਨੀਰੁ ॥ ਸੋ ਜਲੁ ਨਿਰਮਲੁ ਕਥਤ ਕਬੀਰੁ ॥੩॥੨੪॥ {ਪੰਨਾ 328}

ਪਦਅਰਥ:- ਬਿਖਿਆ—ਮਾਇਆ । ਸਗਲ—ਸਾਰਾ । ਬਿਆਪਿਆ—ਗ੍ਰੱਸਿਆ ਹੋਇਆ, ਦਬਿਆ ਹੋਇਆ ।੧।

ਨਾਵ—ਬੇੜੀ । ਚਉੜਿ—ਖੁਲ੍ਹੇ ਥਾਂ, ਰੜੇ ਵਿਚ ਹੀ । ਬੋੜੀ—ਡੋਬੀ । ਬਿਖਿਆ ਸੰਗਿ—ਮਾਇਆ ਨਾਲ ।੧।ਰਹਾਉ।

ਸੁਰਿ—ਦੇਵਤੇ । ਨਰ—ਮਨੁੱਖ । ਦਾਧੇ—ਸੜ ਗਏ । ਨਿਕਟਿ—ਨੇੜੇ । ਪੀਵਸਿ ਨ—ਨਹੀਂ ਪੀਂਦਾ । ਝਾਗਿ—ਔਖ ਨਾਲ ਲੰਘ ਕੇ, ਉੱਦਮ ਕਰ ਕੇ ।੨।

ਚੇਤਤ ਚੇਤਤ—ਯਾਦ ਕਰਦਿਆਂ ਕਰਦਿਆਂ, ਸਿਮਰਨ ਕਰਨ ਨਾਲ । ਨਿਕਸਿਓ—ਨਿਕਲ ਆਇਆ । ਨਿਰਮਲੁ—ਸਾਫ਼ । ਕਥਤ—ਆਖਦਾ ਹੈ ।੩।

ਅਰਥ:- ਸਾਰਾ ਜਹਾਨ ਹੀ ਮਾਇਆ (ਦੇ ਪ੍ਰਭਾਵ) ਨਾਲ ਨੱਪਿਆ ਹੋਇਆ ਹੈ; ਮਾਇਆ ਸਾਰੇ ਹੀ ਕਟੁੰਬ ਨੂੰ (ਸਾਰੇ ਹੀ ਜੀਵਾਂ ਨੂੰ) ਡੋਬੀ ਬੈਠੀ ਹੈ ।੧।

ਹੇ ਮਨੁੱਖ! ਤੂੰ (ਆਪਣੀ ਜ਼ਿੰਦਗੀ ਦੀ) ਬੇੜੀ ਕਿਉਂ ਰੜੇ ਥਾਂ ਤੇ ਹੀ ਡੋਬ ਲਈ ਹੈ? ਤੂੰ ਪ੍ਰਭੂ ਨਾਲੋਂ ਪ੍ਰੀਤ ਤੋੜ ਕੇ ਮਾਇਆ ਨਾਲ ਗੰਢੀ ਬੈਠਾ ਹੈਂ ।੧।ਰਹਾਉ।

(ਸਾਰੇ ਜਗਤ ਵਿਚ ਮਾਇਆ ਦੀ ਤ੍ਰਿਸ਼ਨਾ ਦੀ) ਅੱਗ ਲੱਗੀ ਹੋਈ ਹੈ (ਜਿਸ ਵਿਚ) ਦੇਵਤੇ ਤੇ ਮਨੁੱਖ ਸੜ ਰਹੇ ਹਨ । (ਇਸ ਅੱਗ ਨੂੰ ਸ਼ਾਂਤ ਕਰਨ ਲਈ ਨਾਮ-ਰੂਪ) ਪਾਣੀ ਭੀ ਨੇੜੇ ਹੀ ਹੈ, ਪਰ (ਇਹ) ਪਸ਼ੂ (ਜੀਵ) ਉੱਦਮ ਕਰ ਕੇ ਪੀਂਦਾ ਨਹੀਂ ਹੈ ।੨।

ਕਬੀਰ ਆਖਦਾ ਹੈ—(ਉਹ ਨਾਮ-ਰੂਪ) ਪਾਣੀ ਸਿਮਰਨ ਕਰਦਿਆਂ ਕਰਦਿਆਂ ਹੀ (ਮਨੁੱਖ ਦੇ ਹਿਰਦੇ ਵਿਚ) ਪਰਗਟ ਹੁੰਦਾ ਹੈ, ਤੇ ਉਹ (ਅੰਮ੍ਰਿਤ-) ਜਲ ਪਵਿੱਤਰ ਹੁੰਦਾ ਹੈ, (ਤ੍ਰਿਸ਼ਨਾ ਦੀ ਅੱਗ ਉਸੇ ਜਲ ਨਾਲ ਬੁਝ ਸਕਦੀ ਹੈ) ।੩।੨੪।

ਸਬਦ ਦਾ ਭਾਵ:- ਉਹ ਤ੍ਰਿਸ਼ਨਾ ਦੀ ਅੱਗ ਜਿਸ ਵਿਚ ਸਾਰਾ ਜਗਤ ਸੜ ਰਿਹਾ ਹੈ, ਕੇਵਲ ਪ੍ਰਭੂ ਦੇ ਨਾਮ-ਰੂਪ ਅੰਮ੍ਰਿਤ ਨਾਲ ਹੀ ਬੁੱਝ ਸਕਦੀ ਹੈ । ਸੋ, ਹਰ ਵੇਲੇ ਨਾਮ ਹੀ ਸਿਮਰੋ ।੩੪।

ਗਉੜੀ ਕਬੀਰ ਜੀ ॥ ਜਿਹ ਕੁਲਿ ਪੂਤੁ ਨ ਗਿਆਨ ਬੀਚਾਰੀ ॥ ਬਿਧਵਾ ਕਸ ਨ ਭਈ ਮਹਤਾਰੀ ॥੧॥ ਜਿਹ ਨਰ ਰਾਮ ਭਗਤਿ ਨਹਿ ਸਾਧੀ ॥ ਜਨਮਤ ਕਸ ਨ ਮੁਓ ਅਪਰਾਧੀ ॥੧॥ ਰਹਾਉ ॥ ਮੁਚੁ ਮੁਚੁ ਗਰਭ ਗਏ ਕੀਨ ਬਚਿਆ ॥ ਬੁਡਭੁਜ ਰੂਪ ਜੀਵੇ ਜਗ ਮਝਿਆ ॥੨॥ ਕਹੁ ਕਬੀਰ ਜੈਸੇ ਸੁੰਦਰ ਸਰੂਪ ॥ ਨਾਮ ਬਿਨਾ ਜੈਸੇ ਕੁਬਜ ਕੁਰੂਪ ॥੩॥੨੫॥

ਪਦਅਰਥ:- ਜਿਹ ਕੁਲਿ—ਜਿਸ ਕੁਲ ਵਿਚ । ਬਿਧਵਾ—ਰੰਡੀ । ਕਸ—ਕਿਉਂ? ਮਹਤਾਰੀ—ਮਾਂ ।੧।

ਰਾਮ ਭਗਤਿ—ਪ੍ਰਭੂ ਦੀ ਬੰਦਗੀ । ਸਾਧੀ—ਕੀਤੀ । ਜਨਮਤ—ਜੰਮਦਾ ਹੀ । ਅਪਰਾਧੀ—ਪਾਪੀ ।੧।ਰਹਾਉ।

ਮੁਚੁ ਮੁਚੁ—ਬਹੁਤ ਸਾਰੇ । ਕੀਨ—ਕਿਉਂ? ਬੁਡਭੁਜ ਰੂਪ—ਡੁਡੇ ਵਾਂਗ । ਮਝਿਆ—ਵਿਚ ।੨।

ਕੁਬਜ—ਕੁੱਬਾ । ਕੁਰੂਪ—ਕੋਝੇ ਰੂਪ ਵਾਲੇ, ਬਦ-ਸ਼ਕਲ ।੩।

ਅਰਥ:- ਜਿਸ ਕੁਲ ਵਿਚ ਗਿਆਨ ਦੀ ਵਿਚਾਰ ਕਰਨ ਵਾਲਾ (ਕੋਈ) ਪੁੱਤਰ ਨਹੀਂ (ਜੰਮਿਆ) ਉਸ ਦੀ ਮਾਂ ਰੰਡੀ ਕਿਉਂ ਨ ਹੋ ਗਈ? ।੧।

(ਸੰਸਾਰ ਵਿਚ) ਕਈ ਗਰਭ ਛਣ ਗਏ ਹਨ, ਇਹ (ਬੰਦਗੀ-ਹੀਣ ਚੰਦਰਾ) ਕਿਉਂ ਬਚ ਰਿਹਾ? (ਬੰਦਗੀ ਤੋਂ ਸੱਖਣਾ ਇਹ) ਜਗਤ ਵਿਚ ਇਕ ਕੋੜ੍ਹੀ ਜੀਉ ਰਿਹਾ ਹੈ ।੨।

ਹੇ ਕਬੀਰ! (ਬੇਸ਼ੱਕ) ਆਖ—ਜੋ ਮਨੁੱਖ ਨਾਮ ਤੋਂ ਸੱਖਣੇ ਹਨ, ਉਹ (ਭਾਵੇਂ ਵੇਖਣ ਨੂੰ) ਸੋਹਣੇ ਰੂਪ ਵਾਲੇ ਹਨ (ਪਰ ਅਸਲ ਵਿਚ) ਕੁੱਬੇ ਤੇ ਬਦ-ਸ਼ਕਲ ਹਨ ।੩।੨੫।

ਸ਼ਬਦ ਦਾ ਭਾਵ:- ਜੋ ਮਨੁੱਖ ਪਰਮਾਤਮਾ ਦੀ ਬੰਦਗੀ ਨਹੀਂ ਕਰਦਾ, ਉਹ ਬਾਹਰੋਂ ਵੇਖਣ ਨੂੰ ਭਾਵੇਂ ਸੋਹਣਾ ਹੋਵੇ, ਪਰ ਉਸ ਦਾ ਆਤਮਾ ਮਲੀਨ ਹੋਣ ਕਰਕੇ ਜਗਤ ਵਿਚ ਉਸ ਦਾ ਆਉਣਾ ਵਿਅਰਥ ਹੈ ।੨੫।

ਗਉੜੀ ਕਬੀਰ ਜੀ ॥ ਜੋ ਜਨ ਲੇਹਿ ਖਸਮ ਕਾ ਨਾਉ ॥ ਤਿਨ ਕੈ ਸਦ ਬਲਿਹਾਰੈ ਜਾਉ ॥੧॥ ਸੋ ਨਿਰਮਲੁ ਨਿਰਮਲ ਹਰਿ ਗੁਨ ਗਾਵੈ ॥ ਸੋ ਭਾਈ ਮੇਰੈ ਮਨਿ ਭਾਵੈ ॥੧॥ ਰਹਾਉ ॥ ਜਿਹ ਘਟ ਰਾਮੁ ਰਹਿਆ ਭਰਪੂਰਿ ॥ ਤਿਨ ਕੀ ਪਗ ਪੰਕਜ ਹਮ ਧੂਰਿ ॥੨॥ ਜਾਤਿ ਜੁਲਾਹਾ ਮਤਿ ਕਾ ਧੀਰੁ ॥ ਸਹਜਿ ਸਹਜਿ ਗੁਣ ਰਮੈ ਕਬੀਰੁ ॥੩॥੨੬॥ {ਪੰਨਾ 328}

ਪਦਅਰਥ:- ਲੇਹਿ—ਲੈਂਦੇ ਹਨ । ਸਦ—ਸਦਾ । ਬਲਿਹਾਰੈ ਜਾਉ—ਮੈਂ ਸਦਕੇ ਜਾਂਦਾ ਹਾਂ ।੧।

ਨਿਰਮਲੁ—ਪਵਿੱਤਰ । ਭਾਈ—ਭਰਾ, ਵੀਰ । ਭਾਵੈ—ਪਿਆਰਾ ਲੱਗਦਾ ਹੈ ।੧।ਰਹਾਉ।

ਜਿਹ ਘਟ—ਜਿਨ੍ਹਾਂ ਮਨੁੱਖਾਂ ਦੇ ਹਿਰਦਿਆਂ ਵਿਚ । ਰਹਿਆ ਭਰਪੂਰਿ—ਨਕਾ-ਨਕ ਭਰਿਆ ਹੋਇਆ ਹੈ, ਪਰਗਟ ਹੋ ਪਿਆ ਹੈ । ਪਗ—ਪੈਰ । ਪੰਕਜ—{ਪੰਕ—ਚਿੱਕੜ । ਜ—ਜੰਮਿਆ ਹੋਇਆ । ਪੰਕਜ—ਚਿੱਕੜ ਵਿਚੋਂ ਜੰਮਿਆ ਹੋਇਆ} ਕਉਲ ਫੁੱਲ । ਧੂਰਿ—ਧੂੜ ।੨।

ਧੀਰੁ—ਧੀਰਜ ਵਾਲਾ । ਸਹਜਿ—ਸਹਿਜ ਵਿਚ, ਅਡੋਲ ਅਵਸਥਾ ਵਿਚ ਰਹਿ ਕੇ । ਰਮੈ—ਸਿਮਰਦਾ ਹੈ ।੩।

ਅਰਥ:- ਜੋ ਮਨੁੱਖ ਮਾਲਕ ਪ੍ਰਭੂ ਦਾ ਨਾਮ ਜਪਦੇ ਹਨ, ਮੈਂ ਸਦਾ ਉਹਨਾਂ ਤੋਂ ਸਦਕੇ ਜਾਂਦਾ ਹਾਂ ।੧।

ਜੋ ਵੀਰ ਪ੍ਰਭੂ ਦੇ ਸੁਹਣੇ (ਨਿਰਮਲ) ਗੁਣ ਗਾਂਦਾ ਹੈ, ਉਹ ਪਵਿੱਤਰ ਹੈ, ਤੇ ਉਹ ਮੇਰੇ ਮਨ ਵਿਚ ਪਿਆਰਾ ਲੱਗਦਾ ਹੈ ।੧।ਰਹਾਉ।

ਜਿਨ੍ਹਾਂ ਮਨੁੱਖਾਂ ਦੇ ਹਿਰਦਿਆਂ ਵਿਚ ਪ੍ਰਭੂ ਪਰਗਟ ਹੋ ਗਿਆ ਹੈ, ਉਹਨਾਂ ਦੇ ਕੌਲ ਫੁੱਲ ਵਰਗੇ (ਸੁਹਣੇ) ਚਰਨਾਂ ਦੀ ਅਸੀ ਧੂੜ ਹਾਂ (ਭਾਵ, ਚਰਨਾਂ ਤੋਂ ਸਦਕੇ ਹਾਂ) ।੨।

ਕਬੀਰ ਭਾਵੇਂ ਜਾਤ ਦਾ ਜੁਲਾਹ ਹੈ, ਪਰ ਮੱਤ ਦਾ ਧੀਰਜ ਵਾਲਾ ਹੈ (ਕਿਉਂਕਿ) ਅਡੋਲਤਾ ਵਿਚ ਰਹਿ ਕੇ (ਪ੍ਰਭੂ ਦੇ) ਗੁਣ ਗਾਂਦਾ ਹੈ ।੩।੨੬।

ਸ਼ਬਦ ਦਾ ਭਾਵ:- ਕਿਸੇ ਭੀ ਜਾਤ ਦਾ ਹੋਵੇ, ਜੋ ਮਨੁੱਖ ਪ੍ਰਭੂ ਦੇ ਗੁਣ ਗਾਂਦਾ ਹੈ, ਉਸ ਦਾ ਮਨ ਪਵਿੱਤਰ ਹੋ ਜਾਂਦਾ ਹੈ ।੨੬।

ਗਉੜੀ ਕਬੀਰ ਜੀ ॥ ਗਗਨਿ ਰਸਾਲ ਚੁਐ ਮੇਰੀ ਭਾਠੀ ॥ ਸੰਚਿ ਮਹਾ ਰਸੁ ਤਨੁ ਭਇਆ ਕਾਠੀ ॥੧॥ ਉਆ ਕਉ ਕਹੀਐ ਸਹਜ ਮਤਵਾਰਾ ॥ ਪੀਵਤ ਰਾਮ ਰਸੁ ਗਿਆਨ ਬੀਚਾਰਾ ॥੧॥ ਰਹਾਉ ॥ ਸਹਜ ਕਲਾਲਨਿ ਜਉ ਮਿਲਿ ਆਈ ॥ ਆਨੰਦਿ ਮਾਤੇ ਅਨਦਿਨੁ ਜਾਈ ॥੨॥ ਚੀਨਤ ਚੀਤੁ ਨਿਰੰਜਨ ਲਾਇਆ ॥ ਕਹੁ ਕਬੀਰ ਤੌ ਅਨਭਉ ਪਾਇਆ ॥੩॥੨੭॥ {ਪੰਨਾ 328}

ਪਦਅਰਥ:- ਗਗਨ—ਅਕਾਸ਼, ਦਸਮ-ਦੁਆਰ । ਗਗਨਿ—ਅਕਾਸ਼ ਵਿਚੋਂ, ਦਸਮ ਦੁਆਰ ਵਿਚੋਂ । ਗਗਨਿ ਭਾਠੀ—ਦਸਮ ਦੁਆਰ-ਰੂਪ ਭੱਠੀ ਵਿਚੋਂ । ਰਸਾਲ—ਰਸੀਲਾ, ਸੁਆਦਲਾ । ਚੁਐ—ਚੋ ਰਿਹਾ ਹੈ (ਅੰਮ੍ਰਿਤ) । ਸੰਚਿ—ਇਕੱਠਾ ਕਰ ਕੇ । ਕਾਠੀ—ਲੱਕੜੀਆਂ । ਤਨੁ—ਸਰੀਰ, ਸਰੀਰ ਦੀ ਮਮਤਾ, ਦੇਹ-ਅੱਧਿਆਸ ।੧।

ਉਆ ਕਉ—ਉਸ ਮਨੁੱਖ ਨੂੰ । ਸਹਜ—ਕੁਦਰਤੀ ਤੌਰ ਤੇ । ਮਤਵਾਰਾ—ਮਤਵਾਲਾ, ਮਸਤ । ਗਿਆਨ ਬੀਚਾਰਾ—ਗਿਆਨ ਦੇ ਵਿਚਾਰ ਦੀ ਰਾਹੀਂ ।੧।ਰਹਾਉ।

ਸਹਜ—ਸਹਿਜ ਅਵਸਥਾ, ਅਡੋਲਤਾ । ਕਲਾਲਨਿ—ਸ਼ਰਾਬ ਪਿਲਾਉਣ ਵਾਲੀ । ਜਉ—ਜਦੋਂ । ਮਾਤੇ—ਮਸਤ

ਹੋ ਕੇ । ਅਨਦਿਨੁ—ਹਰ ਰੋਜ਼ । ਜਾਈ—ਲੰਘਦਾ ਹੈ, ਬੀਤਦਾ ਹੈ ।੨।

ਚੀਨਤ—ਵੇਖ ਵੇਖ ਕੇ, ਪਰਖ ਪਰਖ ਕੇ, ਅਨੰਦ ਮਾਣ ਕੇ । ਤੌ—ਤਦੋਂ । ਅਨਭਉ—ਪ੍ਰਕਾਸ਼, ਗਿਆਨ, ਅੰਦਰਲਾ ਚਾਨਣ ।੩।

ਅਰਥ:- ਮੇਰੀ ਗਗਨ-ਰੂਪ ਭੱਠੀ ਵਿਚੋਂ ਸੁਆਦਲਾ ਅੰਮ੍ਰਿਤ ਚੋ ਰਿਹਾ ਹੈ (ਭਾਵ, ਜਿਉਂ ਜਿਉਂ ਮੇਰਾ ਮਨ ਪ੍ਰਭੂ ਦੀ ਯਾਦ ਵਿਚ ਜੁੜਦਾ ਹੈ, ਉਸ ਯਾਦ ਵਿਚ ਜੁੜੇ ਰਹਿਣ ਦੀ ਇਕ-ਤਾਰ ਲਗਨ, ਮਾਨੋ, ਅੰਮ੍ਰਿਤ ਦੀ ਧਾਰ ਨਿਕਲਣੀ ਸ਼ੁਰੂ ਹੋ ਜਾਂਦੀ ਹੈ), ਇਸ ਉੱਚੇ ਨਾਮ-ਰਸ ਨੂੰ ਇਕੱਠਾ ਕਰਨ ਕਰਕੇ ਸਰੀਰ (ਦੀ ਮਮਤਾ) ਲੱਕੜੀਆਂ ਦਾ ਕੰਮ ਦੇ ਰਹੀ ਹੈ (ਭਾਵ, ਸਰੀਰ ਦੀ ਮਮਤਾ ਸੜ ਗਈ ਹੈ) ।੧।

ਜਿਸ ਮਨੁੱਖ ਨੇ ਗਿਆਨ ਦੇ ਵਿਚਾਰ ਦੀ ਰਾਹੀਂ (ਭਾਵ, ਸੁਰਤ ਮਾਇਆ ਤੋਂ ਉੱਚੀ ਕਰ ਕੇ) ਰਾਮ-ਰਸ ਪੀਤਾ ਹੈ ਉਸ ਨੂੰ ਕੁਦਰਤੀ ਤੌਰ ਤੇ (ਭਾਵ, ਸੁਭਾਵਿਕ ਹੀ) ਮਸਤ ਹੋਇਆ ਹੋਇਆ ਆਖੀਦਾ ਹੈ ।੧।ਰਹਾਉ।

ਜਦੋਂ ਸਹਿਜ ਅਵਸਥਾ-ਰੂਪ ਸ਼ਰਾਬ ਪਿਲਾਉਣ ਵਾਲੀ ਆ ਮਿਲਦੀ ਹੈ ਤਦੋਂ ਅਨੰਦ ਵਿਚ ਮਸਤ ਹੋ ਕੇ (ਉਮਰ ਦਾ) ਹਰੇਕ ਦਿਨ ਬੀਤਦਾ ਹੈ (ਭਾਵ, ਨਾਮ ਸਿਮਰਦਿਆਂ ਮਨ ਵਿਚ ਇਕ ਐਸੀ ਹਾਲਤ ਪੈਦਾ ਹੁੰਦੀ ਹੈ ਜਿੱਥੇ ਮਨ ਮਾਇਆ ਦੇ ਝਕੋਲਿਆਂ ਵਿਚ ਡੋਲਦਾ ਨਹੀਂ । ਇਸ ਹਾਲਤ ਨੂੰ ਸਹਿਜ ਅਵਸਥਾ ਕਹੀਦਾ ਹੈ; ਇਹ ਸਹਿਜ ਅਵਸਥਾ, ਮਾਨੋ, ਇਕ ਕਲਾਲਣ ਹੈ, ਜੋ ਨਾਮ ਦਾ ਨਸ਼ਾ ਦੇਈ ਜਾਂਦੀ ਹੈ; ਇਸ ਨਸ਼ੇ ਤੋਂ ਵਿਛੜਨ ਨੂੰ ਚਿੱਤ ਨਹੀਂ ਕਰਦਾ, ਤੇ ਮੁੜ ਮੁੜ ਨਾਮ ਦੀ ਲਿਵ ਵਿਚ ਹੀ ਟਿਕੇ ਰਹੀਦਾ ਹੈ) ।੨।

ਹੇ ਕਬੀਰ! ਆਖ—(ਇਸ ਤਰ੍ਹਾਂ) ਆਨੰਦ ਮਾਣ ਮਾਣ ਕੇ ਜਦੋਂ ਮੈਂ ਆਪਣਾ ਮਨ ਨਿਰੰਕਾਰ ਨਾਲ ਜੋੜਿਆ, ਤਾਂ ਮੈਨੂੰ ਅੰਦਰਲਾ ਚਾਨਣ ਲੱਭ ਪਿਆ ।੩।੨੭।

ਸ਼ਬਦ ਦਾ ਭਾਵ:- (ਸਿਮਰਨ ਦੀ ਬਰਕਤ): ਨਾਮ ਸਿਮਰਦਿਆਂ ਸਿਮਰਦਿਆਂ ਮਨ ਮਾਇਆ ਵਿਚ ਡੋਲਣੋਂ ਹਟ ਜਾਂਦਾ ਹੈ, ਨਾਮ ਵਿਚ ਜੁੜੇ ਰਹਿਣ ਦੀ ਲਗਨ ਵਧਦੀ ਜਾਂਦੀ ਹੈ, ਸਰੀਰ ਦਾ ਮੋਹ ਮਿਟ ਜਾਂਦਾ ਹੈ, ਤੇ ਮਨੁੱਖਾ ਜੀਵਨ ਦੀ ਅਸਲੀਅਤ ਦੀ ਅਸਲ ਸੂਝ ਪੈ ਜਾਂਦੀ ਹੈ ।੨੭।

ਨੋਟ:- ਸ਼ਬਦ ਦਾ ਮੁੱਖ ਭਾਵ 'ਰਹਾਉ' ਦੀ ਤੁਕ ਵਿਚ ਹੁੰਦਾ ਹੈ । ਇੱਥੇ ਕਿਹਾ ਹੈ ਕਿ ਜੋ ਮਨੁੱਖ ਸਦਾ ਨਾਮ ਸਿਮਰਦਾ ਹੈ ਉਹ ਇਕ ਐਸੀ ਦਸ਼ਾ ਵਿਚ ਅੱਪੜਦਾ ਹੈ ਜਿੱਥੇ ਉਸ ਦਾ ਮਨ ਮਾਇਆ ਵਿਚ ਡੋਲਦਾ ਨਹੀਂ । ਇਸ ਅਵਸਥਾ ਵਿਚ ਜਿਉਂ ਜਿਉਂ ਉਹ ਪ੍ਰਭੂ ਦੀ ਯਾਦ ਵਿਚ ਜੁੜਦਾ ਹੈ, ਤਿਉਂ ਤਿਉਂ ਹੁਲਾਰਾ ਆਉਂਦਾ ਹੈ, ਮਸਤੀ ਜਿਹੀ ਚੜ੍ਹਦੀ ਹੈ ।

ਜੋਗੀ ਲੋਕ ਸ਼ਰਾਬ ਪੀ ਕੇ ਸਮਾਧੀ ਲਾਂਦੇ ਸਨ, ਪਰ ਕਬੀਰ ਜੀ ਨੇ ਉਸ ਸਾਧਨ ਦੀ ਇੱਥੇ ਨਿਖੇਧੀ ਕੀਤੀ ਹੈ; ਤੇ ਸਿਮਰਨ ਨੂੰ ਹੀ ਪ੍ਰਭੂ-ਚਰਨਾਂ ਵਿਚ ਜੁੜਨ ਦਾ ਸਭ ਤੋਂ ਉੱਚਾ ਵਸੀਲਾ ਦੱਸਿਆ ਹੈ ।

ਗਉੜੀ ਕਬੀਰ ਜੀ ॥ ਮਨ ਕਾ ਸੁਭਾਉ ਮਨਹਿ ਬਿਆਪੀ ॥ ਮਨਹਿ ਮਾਰਿ ਕਵਨ ਸਿਧਿ ਥਾਪੀ ॥੧॥ ਕਵਨੁ ਸੁ ਮੁਨਿ ਜੋ ਮਨੁ ਮਾਰੈ ॥ ਮਨ ਕਉ ਮਾਰਿ ਕਹਹੁ ਕਿਸੁ ਤਾਰੈ ॥੧॥ ਰਹਾਉ ॥ ਮਨ ਅੰਤਰਿ ਬੋਲੈ ਸਭੁ ਕੋਈ ॥ ਮਨ ਮਾਰੇ ਬਿਨੁ ਭਗਤਿ ਨ ਹੋਈ ॥੨॥ ਕਹੁ ਕਬੀਰ ਜੋ ਜਾਨੈ ਭੇਉ ॥ ਮਨੁ ਮਧੁਸੂਦਨੁ ਤ੍ਰਿਭਵਣ ਦੇਉ ॥੩॥੨੮॥ {ਪੰਨਾ 329}

ਪਦਅਰਥ:- ਮਨਹਿ ਬਿਆਪੀ—(ਸਾਰੇ) ਮਨ ਉੱਤੇ ਪ੍ਰਭਾਵ ਪਾ ਰੱਖਦਾ ਹੈ, (ਸਾਰੇ) ਮਨ ਨੂੰ ਵੇੜ੍ਹੀ ਰੱਖਦਾ ਹੈ ।

ਮਨਹਿ ਮਾਰਿ—ਮਨ ਨੂੰ ਮਾਰ ਕੇ । ਕਵਨ ਸਿਧਿ—ਕਿਹੜੀ ਸਫਲਤਾ? ਥਾਪੀ—ਮਿਥ ਲਈ ਹੈ, ਖੱਟ ਲਈ ਹੈ । ਸੁਭਾਉ—{ਸ੍ਵ—ਭਾਵ} ਨਿਜ ਦੀ ਲਗਨ, ਰੁਚੀ । ਮਾਰਿ—ਮਾਰ ਕੇ । ਕਹਹੁ—ਦੱਸੋ । ਕਿਸੁ—ਕਿਸ ਨੂੰ? ।੧।ਰਹਾਉ।

ਮਨ ਅੰਤਰਿ—ਮਨ ਦੇ ਅੰਦਰ, ਮਨ ਦੇ ਅਸਰ ਹੇਠ, ਮਨ ਦਾ ਪ੍ਰੇਰਿਆ ਹੋਇਆ । ਸਭੁ ਕੋਈ—ਹਰੇਕ ਜੀਵ ।੨।

ਭੇਉ—ਭੇਦ । ਮਧੁ ਸੂਦਨੁ—ਮਧੂ ਦੈਂਤ ਨੂੰ ਮਾਰਨ ਵਾਲਾ, ਪਰਮਾਤਮਾ । ਤ੍ਰਿਭਵਣ ਦੇਉ—ਤਿੰਨਾਂ ਲੋਕਾਂ ਨੂੰ ਚਾਨਣ ਕਰਨ ਵਾਲਾ ।੩।

ਅਰਥ:– (ਹਰੇਕ ਮਨੁੱਖ ਦੇ) ਮਨ ਦੀ ਅੰਦਰਲੀ ਲਗਨ (ਜੋ ਭੀ ਹੋਵੇ ਉਹ ਉਸ ਮਨੁੱਖ ਦੇ) ਸਾਰੇ ਮਨ (ਭਾਵ, ਮਨ ਦੀ ਸਾਰੀ ਦੌੜ-ਭੱਜ, ਸਾਰੇ ਮਨੁੱਖੀ ਜੀਵਨ) ਉਤੇ ਪ੍ਰਭਾਵ ਪਾ ਰੱਖਦੀ ਹੈ, (ਤਾਂ ਫਿਰ) ਮਨ ਨੂੰ ਮਾਰ ਕੇ ਕਿਹੜੀ ਕਮਾਈ ਕਰ ਲਈਦੀ ਹੈ, (ਭਾਵ, ਕੋਈ ਕਾਮਯਾਬੀ ਵਾਲੀ ਗੱਲ ਨਹੀਂ ਹੁੰਦੀ) ।੧।

ਉਹ ਕਿਹੜਾ ਮੁਨੀ ਹੈ ਜੋ ਮਨ ਨੂੰ ਮਾਰਦਾ ਹੈ? ਦੱਸੋ, ਮਨ ਨੂੰ ਮਾਰ ਕੇ ਉਹ ਕਿਸ ਨੂੰ ਤਾਰਦਾ ਹੈ? ।੧।ਰਹਾਉ।

ਹਰੇਕ ਮਨੁੱਖ ਮਨ ਦਾ ਪ੍ਰੇਰਿਆ ਹੋਇਆ ਹੀ ਬੋਲਦਾ ਹੈ (ਭਾਵ, ਜੋ ਚੰਗੇ ਮੰਦੇ ਕੰਮ ਮਨੁੱਖ ਕਰਦਾ ਹੈ, ਉਹਨਾਂ ਲਈ ਪ੍ਰੇਰਨਾ ਮਨ ਵਲੋਂ ਹੀ ਹੁੰਦੀ ਹੈ; ਇਸ ਵਾਸਤੇ) ਮਨ ਨੂੰ ਮਾਰਨ ਤੋਂ ਬਿਨਾ (ਭਾਵ, ਮਨ ਨੂੰ ਵਿਕਾਰਾਂ ਤੋਂ ਹੋੜਨ ਤੋਂ ਬਿਨਾ) ਭਗਤੀ (ਭੀ) ਨਹੀਂ ਹੋ ਸਕਦੀ ।੨।

ਹੇ ਕਬੀਰ! ਆਖ—ਜੋ ਮਨੁੱਖ ਇਸ ਰਮਜ਼ ਨੂੰ ਸਮਝਦਾ ਹੈ ਉਸ ਦਾ ਮਨ ਤਿੰਨਾਂ ਲੋਕਾਂ ਨੂੰ ਚਾਨਣ ਦੇਣ ਵਾਲੇ ਪਰਮਾਤਮਾ ਦਾ ਰੂਪ ਹੋ ਜਾਂਦਾ ਹੈ ।੩।੨੮।

ਸ਼ਬਦ ਦਾ ਭਾਵ:– ਜੋ ਜੋ ਚੰਗਾ-ਮੰਦਾ ਕੰਮ ਮਨੁੱਖ ਕਰਦਾ ਰਹਿੰਦਾ ਹੈ ਉਹਨਾਂ ਸਭਨਾਂ ਦੇ ਸੰਸਕਾਰ ਮਨੁੱਖ ਦੇ ਅੰਦਰ ਇਕੱਠੇ ਹੁੰਦੇ ਰਹਿੰਦੇ ਹਨ, ਸੰਸਕਾਰਾਂ ਦੇ ਇਸ ਇਕੱਠ ਦਾ ਨਾਮ ਹੈ 'ਮਨ' । ਜਦੋਂ ਕੋਈ ਇਕ ਖ਼ਾਸ ਚੰਗੀ ਜਾਂ ਮੰਦੀ ਵਾਦੀ ਬਣ ਜਾਏ ਤਾਂ ਉਹ ਮਨ ਦੇ ਬਾਕੀ ਦੇ ਸੰਸਕਾਰਾਂ ਨੂੰ ਦਬਾ ਰੱਖਦੀ ਹੈ ਤੇ ਮਨੁੱਖ ਦੇ ਸਾਰੇ ਜੀਵਨ ਨੂੰ ਓਧਰ ਹੀ ਪਲਟਾ ਲੈਂਦੀ ਹੈ । ਮਨੁੱਖ ਦੀ ਸਾਰੀ ਦੌੜ-ਭੱਜ ਮਨ ਦੇ ਇਹਨਾਂ ਸੰਸਕਾਰਾਂ ਦੀ ਪ੍ਰੇਰਨਾ ਦੇ ਆਸਰੇ ਹੁੰਦੀ ਹੈ । ਜੇ ਮਨ ਨੂੰ ਮਾਰਨ ਦਾ ਜਤਨ ਕੀਤਾ ਜਾਏ, ਮਨ ਨੂੰ ਉੱਕਾ ਹੀ ਮੁਕਾ ਦੇਣ ਦੀ ਕੋਸ਼ਿਸ਼ ਕੀਤੀ ਜਾਏ ਤਾਂ ਮਨੁੱਖਾ ਜੀਵਨ ਦੀ ਸਾਰੀ ਕ੍ਰਿਆ ਹੀ ਮੁੱਕ ਜਾਏ । ਸੋ, ਮਨ ਨੂੰ ਮੁਕਾਉਣਾ ਨਹੀਂ, ਇਸ ਦੀਆਂ ਉਹਨਾਂ ਰੁਚੀਆਂ ਨੂੰ ਵੱਸ ਵਿਚ ਲਿਆਉਣਾ ਹੈ ਜੋ ਮੰਦੇ ਪਾਸੇ ਲੈ ਜਾਂਦੀਆਂ ਹਨ, ਜਿਵੇਂ:

ਕਾਮੁ ਕ੍ਰੋਧੁ ਦੁਇ ਕਰਹੁ ਬਸੋਲੇ ਗੋਡਹੁ ਧਰਤੀ ਭਾਈ ॥
ਜਿਉ ਗੋਡਹੁ ਤਿਉ ਸੁਖੁ ਪਾਵਹੁ ਕਿਰਤੁ ਨ ਮੇਟਿਆ ਜਾਈ ॥ (ਬਸੰਤੁ ਮਹਲਾ ੧)

ਕਾਮ (=ਪਿਆਰ) ਤੇ ਕ੍ਰੋਧ ਨੂੰ ਮੁਕਾਉਣਾ ਨਹੀਂ, ਇਹਨਾਂ ਨੂੰ ਬਸੋਲੇ ਬਣਾਣਾ ਹੈ । ਜ਼ਿਮੀਦਾਰ ਖੇਤੀ ਵਿਚੋਂ ਗੋਡੀ ਕਰ ਕੇ ਘਾਹ-ਬੂਟ ਪੁੱਟਦਾ ਹੈ, ਪਰ ਕਮਾਦ, ਕਪਾਹ ਆਦਿ ਦੇ ਬੂਟਿਆਂ ਨੂੰ ਧਿਆਨ ਨਾਲ ਬਚਾਈ ਜਾਂਦਾ ਹੈ । ਇਸੇ ਤਰ੍ਹਾਂ ਮਨੁੱਖਾ-ਜੀਵਨ ਰੂਪ ਫ਼ਸਲ ਵਿਚੋਂ ਵਿਕਾਰਾਂ ਦੇ ਸੰਸਕਾਰਾਂ-ਰੂਪ ਨਦੀਨ ਨੂੰ ਜੜ੍ਹੋਂ ਪੁੱਟਣਾ ਹੈ; ਵਿਕਾਰਾਂ ਦੇ ਸੰਸਕਾਰਾਂ ਉਤੇ, ਮਾਨੋ, ਕ੍ਰੋਧ ਵਰਤਣਾ ਹੈ; ਪਰ ਸ਼ੁਭ ਗੁਣਾਂ ਨੂੰ ਪਿਆਰ ਕਰਨਾ ਹੈ, ਸਾਂਭ ਰੱਖਣਾ ਹੈ ।੨੮।

ਨੋਟ:– ਇਸ ਸ਼ਬਦ ਵਿਚ ਜੋਗੀਆਂ ਦੇ ਸੁੰਨਮੁੰਨ ਹੋ ਕੇ ਬੈਠੇ ਰਹਿਣ ਨੂੰ ਕੋਝਾ ਉੱਦਮ ਦੱਸ ਕੇ ਕਬੀਰ ਜੀ ਆਖਦੇ ਹਨ ਕਿ ਅਸਲ ਵਿਚ ਮਨ ਨੂੰ ਵਿਕਾਰਾਂ ਵਲੋਂ ਰੋਕਣਾ ਹੈ, ਤੇ ਜਗਤ ਦੀ ਕਾਰ-ਕਿਰਤ ਭੀ ਕਰਨੀ ਹੈ । ਸੁੰਨਮੁੰਨ

ਹੋ ਕੇ ਜੇ ਵਿਕਾਰਾਂ ਵੱਲੋਂ ਹਟਿਆ ਤਾਂ ਉਹ ਜੜ੍ਹ ਜਿਹਾ ਹੋ ਕੇ ਭਲੇ ਪਾਸੇ ਵਲੋਂ ਭੀ ਹਟਿਆ ਰਿਹਾ ।

ਗਉੜੀ ਕਬੀਰ ਜੀ ॥ ਓਇ ਜੁ ਦੀਸਹਿ ਅੰਬਰਿ ਤਾਰੇ ॥ ਕਿਨਿ ਓਇ ਚੀਤੇ ਚੀਤਨਹਾਰੇ ॥੧॥ ਕਹੁ ਰੇ ਪੰਡਿਤ ਅੰਬਰੁ ਕਾ ਸਿਉ ਲਾਗਾ ॥ ਬੂਝੈ ਬੂਝਨਹਾਰੁ ਸਭਾਗਾ ॥੧॥ ਰਹਾਉ ॥ ਸੂਰਜ ਚੰਦੁ ਕਰਹਿ ਉਜੀਆਰਾ ॥ ਸਭ ਮਹਿ ਪਸਰਿਆ ਬ੍ਰਹਮ ਪਸਾਰਾ ॥੨॥ ਕਹੁ ਕਬੀਰ ਜਾਨੈਗਾ ਸੋਇ ॥ ਹਿਰਦੈ ਰਾਮੁ ਮੁਖਿ ਰਾਮੈ ਹੋਇ ॥੩॥੨੯॥ {ਪੰਨਾ 329}

ਪਦਅਰਥ:- ਓਇ—{ਇਹ ਲਫ਼ਜ਼ 'ਓਹ' ਤੋਂ 'ਬਹੁ-ਵਚਨ' (Plural) ਹੈ} । ਦੀਸਹਿ—ਦਿੱਸ ਰਹੇ ਹਨ । ਅੰਬਰਿ—ਅੰਬਰ ਵਿਚ, ਅਕਾਸ਼ ਵਿਚ । ਕਿਨਿ—ਕਿਸ ਨੇ? ਚੀਤੇ—ਚਿੱਤਰੇ ਹਨ । ਚੀਤਨਹਾਰੇ—ਚਿੱਤ੍ਰਕਾਰ ਨੇ ।੧।

ਅੰਬਰੁ—ਅਕਾਸ਼ । ਕਾ ਸਿਉ—ਕਿਸ ਨਾਲ, ਕਿਸ ਦੇ ਆਸਰੇ? ਬੂਝਨਹਾਰੁ—ਬੁੱਝਣ ਵਾਲਾ, ਸਿਆਣਾ ।੧।ਰਹਾਉ।

ਕਰਹਿ—ਕਰ ਰਹੇ ਹਨ । ਉਜਿਆਰਾ—ਚਾਨਣਾ । ਬ੍ਰਹਮ ਪਸਾਰਾ—ਪ੍ਰਭੂ ਦਾ ਖਿਲਾਰਾ, ਪ੍ਰਭੂ ਦੀ ਜੋਤਿ ਦਾ ਪ੍ਰਕਾਸ਼ ।੨।

ਸੋਇ—ਉਹੀ ਮਨੁੱਖ । ਹਿਰਦੈ—ਹਿਰਦੇ ਵਿਚ । ਮੁਖਿ—ਮੂੰਹ ਵਿਚ । ਰਾਮੈ—ਰਾਮ ਹੀ {ਰਾਮ ਈ=ਰਾਮੈ} ।੩।

ਅਰਥ:- ਉਹ ਤਾਰੇ ਜੋ ਅਕਾਸ਼ ਵਿਚ ਦਿੱਸ ਰਹੇ ਹਨ, ਕਿਸ ਚਿੱਤ੍ਰਕਾਰ ਨੇ ਚਿੱਤਰੇ ਹਨ? ।੧।

ਦੱਸ, ਹੇ ਪੰਡਿਤ! ਅਕਾਸ਼ ਕਿਸ ਦੇ ਸਹਾਰੇ ਹੈ? ਕੋਈ ਭਾਗਾਂ ਵਾਲਾ ਸਿਆਣਾ ਬੰਦਾ ਹੀ ਇਸ (ਰਮਜ਼ ਨੂੰ) ਸਮਝਦਾ ਹੈ ।੧।ਰਹਾਉ।

(ਇਹ ਜੋ) ਸੂਰਜ ਤੇ ਚੰਦ੍ਰਮਾ (ਆਦਿਕ ਜਗਤ ਵਿਚ) ਚਾਨਣ ਕਰ ਰਹੇ ਹਨ (ਇਹਨਾਂ) ਸਭਨਾਂ ਵਿਚ ਪ੍ਰਭੂ ਦੀ ਜੋਤਿ ਦਾ (ਹੀ) ਪ੍ਰਕਾਸ਼ ਖਿਲਰਿਆ ਹੋਇਆ ਹੈ ।੨।

ਹੇ ਕਬੀਰ! (ਬੇਸ਼ੱਕ) ਆਖ—(ਇਸ ਭੇਤ ਨੂੰ) ਓਹੀ ਮਨੁੱਖ ਸਮਝੇਗਾ, ਜਿਸ ਦੇ ਹਿਰਦੇ ਵਿਚ ਪ੍ਰਭੂ ਵੱਸ ਰਿਹਾ ਹੈ, ਤੇ ਮੂੰਹ ਵਿਚ (ਭੀ) ਕੇਵਲ ਪ੍ਰਭੂ ਹੀ ਹੈ (ਭਾਵ, ਜੋ ਮੂੰਹੋਂ ਭੀ ਪ੍ਰਭੂ ਦੇ ਗੁਣ ਉਚਾਰ ਰਿਹਾ ਹੈ) ।੩।੨੯।

ਸ਼ਬਦ ਦਾ ਭਾਵ:- ਇਸ ਸਾਰੇ ਜਗਤ ਨੂੰ ਪੈਦਾ ਕਰਨ ਵਾਲਾ ਤੇ ਆਸਰਾ ਦੇਣ ਵਾਲਾ ਪ੍ਰਭੂ ਆਪ ਹੀ ਹੈ, ਉਸ ਦੀ ਆਪਣੀ ਹੀ ਜੋਤਿ ਦਾ ਪ੍ਰਕਾਸ਼ ਹਰ ਥਾਂ ਹੋ ਰਿਹਾ ਹੈ, ਪਰ ਇਸ ਗੱਲ ਦੀ ਸਮਝ ਸਿਰਫ਼ ਉਸ ਮਨੁੱਖ ਨੂੰ ਹੀ ਪੈਂਦੀ ਹੈ ਜੋ ਪ੍ਰਭੂ ਦੀ ਬੰਦਗੀ ਕਰਦਾ ਹੈ ।੨੯।

ਗਉੜੀ ਕਬੀਰ ਜੀ ॥ ਬੇਦ ਕੀ ਪੁਤ੍ਰੀ ਸਿੰਮ੍ਰਿਤਿ ਭਾਈ ॥ ਸਾਂਕਲ ਜੇਵਰੀ ਲੈ ਹੈ ਆਈ ॥੧॥ ਆਪਨ ਨਗਰੁ ਆਪ ਤੇ ਬਾਧਿਆ ॥ ਮੋਹ ਕੈ ਫਾਧਿ ਕਾਲ ਸਰੁ ਸਾਂਧਿਆ ॥੧॥ ਰਹਾਉ ॥ ਕਟੀ ਨ ਕਟੈ ਤੂਟਿ ਨਹ ਜਾਈ ॥ ਸਾ ਸਾਪਨਿ ਹੋਇ ਜਗ ਕਉ ਖਾਈ ॥੨॥ ਹਮ ਦੇਖਤ ਜਿਨਿ ਸਭੁ ਜਗੁ ਲੂਟਿਆ ॥ ਕਹੁ ਕਬੀਰ ਮੈ ਰਾਮ ਕਹਿ ਛੂਟਿਆ ॥੩॥੩੦॥ {ਪੰਨਾ 329}

ਪਦਅਰਥ:- ਭਾਈ—ਹੇ ਭਾਈ! ਬੇਦ ਕੀ ਪੁਤ੍ਰੀ—ਵੇਦਾਂ ਦੀ ਧੀ, ਵੇਦਾਂ ਤੋਂ ਜੰਮੀ ਹੋਈ, ਵੇਦਾਂ ਦੇ ਅਧਾਰ ਤੇ

ਬਣੀ ਹੋਈ । ਸਾਂਕਲ—(ਵਰਨ ਆਸ਼ਰਮਾਂ ਦੇ) ਸੰਗਲ । ਜੇਵਰੀ—(ਕਰਮ-ਕਾਂਡ ਦੀਆਂ) ਰੱਸੀਆਂ । ਲੈ ਹੈ ਆਈ—ਲੈ ਕੇ ਆਈ ਹੋਈ ਹੈ ।੧।

ਆਪਨ ਨਗਰੁ—ਆਪਣਾ ਸ਼ਹਿਰ, ਆਪਣੇ ਸ਼ਰਧਾਲੂਆਂ ਦੀ ਵਸਤੀ, ਆਪਣੇ ਸਾਰੇ ਸ਼ਰਧਾਲੂ । ਆਪ ਤੇ—ਆਪ ਹੀ । ਮੋਹ ਕੈ—ਮੋਹ (ਦੀ ਫਾਹੀ) ਵਿਚ । ਫਾਧਿ—ਫਸਾ ਕੇ । ਕਾਲ ਸਰੁ—ਮੌਤ ਦਾ ਤੀਰ, ਜਨਮ ਮਰਨ ਦਾ ਤੀਰ । ਸਾਂਧਿਆ—ਖਿੱਚਿਆ ਹੋਇਆ ਹੈ ।੧।ਰਹਾਉ।

ਸਾਪਨਿ—ਸੱਪਣੀ । ਜਗ—ਸੰਸਾਰ, ਆਪਣੇ ਸ਼ਰਧਾਲੂਆਂ ਨੂੰ ।੨।

ਹਮ ਦੇਖਤ—ਅਸਾਡੇ ਵੇਖਦਿਆਂ । ਜਿਨਿ—ਜਿਸ (ਸਿੰਮ੍ਰਿਤੀ) ਨੇ । ਸਭੁ ਜਗੁ—ਸਾਰੇ ਸੰਸਾਰ ਨੂੰ । ਰਾਮ ਕਹਿ—ਰਾਮ ਰਾਮ ਆਖ ਕੇ, ਪ੍ਰਭੂ ਦਾ ਸਿਮਰਨ ਕਰ ਕੇ । ਛੂਟਿਆ—ਬਚ ਗਿਆ ਹਾਂ ।੩।

ਅਰਥ:- ਹੇ ਵੀਰ! ਇਹ ਸਿੰਮ੍ਰਿਤੀ ਜੋ ਵੇਦਾਂ ਦੇ ਆਧਾਰ ਤੇ ਬਣੀ ਹੈ (ਇਹ ਤਾਂ ਆਪਣੇ ਸ਼ਰਧਾਲੂਆਂ ਵਾਸਤੇ ਵਰਨ ਆਸ਼ਰਮ ਦੇ, ਮਾਨੋ) ਸੰਗਲ ਤੇ (ਕਰਮ-ਕਾਂਡ ਦੀਆਂ) ਰੱਸੀਆਂ ਲੈ ਕੇ ਆਈ ਹੋਈ ਹੈ ।੧।

(ਇਸ ਸਿੰਮ੍ਰਿਤੀ ਨੇ) ਆਪਣੇ ਸਾਰੇ ਸ਼ਰਧਾਲੂ ਆਪ ਹੀ ਜਕੜੇ ਹੋਏ ਹਨ, (ਇਨ੍ਹਾਂ ਨੂੰ ਸੁਰਗ ਆਦਿਕ ਦੇ) ਮੋਹ ਦੀ ਫਾਹੀ ਵਿਚ ਫਸਾ ਕੇ (ਇਹਨਾਂ ਦੇ ਸਿਰ ਤੇ) ਮੌਤ (ਦੇ ਸਹਿਮ) ਦਾ ਤੀਰ (ਇਸ ਨੇ) ਖਿੱਚਿਆ ਹੋਇਆ ਹੈ ।੧।ਰਹਾਉ।

(ਇਹ ਸਿੰਮ੍ਰਿਤੀ-ਰੂਪ ਫਾਹੀ ਸ਼ਰਧਾਲੂਆਂ ਪਾਸੋਂ) ਵੱਢਿਆਂ ਵੱਢੀ ਨਹੀਂ ਜਾ ਸਕਦੀ ਅਤੇ ਨਾਹ ਹੀ (ਆਪਣੇ ਆਪ) ਇਹ ਟੁੱਟਦੀ ਹੈ । (ਹੁਣ ਤਾਂ) ਇਹ ਸੱਪਣੀ ਬਣ ਕੇ ਜਗਤ ਨੂੰ ਖਾ ਰਹੀ ਹੈ (ਭਾਵ, ਜਿਵੇਂ ਸੱਪਣੀ ਆਪਣੇ ਹੀ ਬੱਚਿਆਂ ਨੂੰ ਖਾ ਜਾਂਦੀ ਹੈ, ਤਿਵੇਂ ਇਹ ਸਿੰਮ੍ਰਿਤੀ ਆਪਣੇ ਹੀ ਸ਼ਰਧਾਲੂਆਂ ਦਾ ਨਾਸ ਕਰ ਰਹੀ ਹੈ) ।੨।

ਹੇ ਕਬੀਰ! ਆਖ—ਅਸਾਡੇ ਵੇਖਦਿਆਂ ਵੇਖਦਿਆਂ ਜਿਸ (ਸਿੰਮ੍ਰਿਤੀ) ਨੇ ਸਾਰੇ ਸੰਸਾਰ ਨੂੰ ਠੱਗ ਲਿਆ ਹੈ, ਮੈਂ ਪ੍ਰਭੂ ਦਾ ਸਿਮਰਨ ਕਰ ਕੇ ਉਸ ਤੋਂ ਬਚ ਗਿਆ ਹਾਂ ।੩।੩੦।

ਸ਼ਬਦ ਦਾ ਭਾਵ:- ਸਿੰਮ੍ਰਿਤੀਆਂ ਦੇ ਲੀਕੇ ਹੋਏ ਵਰਨ-ਆਸ਼ਰਮ ਤੇ ਕਰਮ-ਕਾਂਡ ਸਿੰਮ੍ਰਿਤੀ ਵਿਚ ਸ਼ਰਧਾ ਰੱਖਣ ਵਾਲਿਆਂ ਨੂੰ ਸੰਗਲ ਹੋ ਢੁਕਦੇ ਹਨ । ਉਹਨਾਂ ਨੂੰ ਇਹ ਅਜਿਹੇ ਭਰਮਾਂ-ਵਹਿਮਾਂ ਵਿਚ ਜਕੜ ਦੀਆਂ ਹਨ ਕਿ ਛੁਟਕਾਰਾ ਹੋਣਾ ਔਖਾ ਹੋ ਜਾਂਦਾ ਹੈ । ਪ੍ਰਭੂ ਦਾ ਸਿਮਰਨ ਹੀ ਇਹਨਾਂ ਤੋਂ ਬਚਾਉਣ ਦੇ ਸਮਰੱਥ ਹੈ ।੩੦।

ਗਉੜੀ ਕਬੀਰ ਜੀ ॥ ਦੇਇ ਮੁਹਾਰ ਲਗਾਮੁ ਪਹਿਰਾਵਉ ॥ ਸਗਲ ਤ ਜੀਨੁ ਗਗਨ ਦਉਰਾਵਉ ॥੧॥ ਅਪਨੈ ਬੀਚਾਰਿ ਅਸਵਾਰੀ ਕੀਜੈ ॥ ਸਹਜ ਕੈ ਪਾਵੜੈ ਪਗੁ ਧਰਿ ਲੀਜੈ ॥੧॥ ਰਹਾਉ ॥ ਚਲੁ ਰੇ ਬੈਕੁੰਠ ਤੁਝਹਿ ਲੇ ਤਾਰਉ ॥ ਹਿਚਹਿ ਤ ਪ੍ਰੇਮ ਕੈ ਚਾਬੁਕ ਮਾਰਉ ॥੨॥ ਕਹਤ ਕਬੀਰ ਭਲੇ ਅਸਵਾਰਾ ॥ ਬੇਦ ਕਤੇਬ ਤੇ ਰਹਹਿ ਨਿਰਾਰਾ ॥੩॥੩੧॥ {ਪੰਨਾ 329}

ਪਦਅਰਥ:- ਦੇਇ—ਦੇ ਕੇ, ਪਾ ਕੇ । ਮੁਹਾਰ—ਘੋੜੇ ਦੀ ਪੂਜੀ ਜੋ ਮੂੰਹ ਤੋਂ ਤੰਗ ਨਾਲ ਹੇਠਲੇ ਪਾਸੇ ਬੱਧੀ ਹੁੰਦੀ ਹੈ {ਭਾਵ, ਮੂੰਹ+ਹਾਰ, ਮੂੰਹ ਨੂੰ ਬੰਦ ਕਰਨਾ, ਨਿੰਦਾ-ਉਸਤਿਤ ਤੋਂ ਬਚ ਕੇ ਰਹਿਣਾ} । ਲਗਾਮੁ—(ਭਾਵ) ਪ੍ਰੇਮ ਦੀ ਲਗਨ । ਲਗਾਮ ਪਹਿਰਾਵਉ—ਮੈਂ ਲਗਾਮ ਚੜ੍ਹਾਵਾਂ, ਭਾਵ, ਮਨ ਨੂੰ ਪ੍ਰੇਮ ਦੀ ਲਗਨ ਲਾਵਾਂ । ਸਗਲਤ—ਸਰਬ-ਵਿਆਪਕਤਾ । ਗਗਨ—ਅਕਾਸ਼; ਭਾਵ, ਦਸਮ-ਦੁਆਰ । ਗਗਨ ਦਉਰਾਵਉ—ਦਸਮ ਦੁਆਰ ਵਿਚ

ਦੁੜਾਵਾਂ, ਮੈਂ ਪ੍ਰਭੂ ਦੇ ਦੇਸ਼ ਦੀਆਂ ਉਡਾਰੀਆਂ ਲਵਾਵਾਂ; ਮਨ ਨੂੰ ਪ੍ਰਭੂ ਦੀ ਯਾਦ ਵਿਚ ਜੋੜਾਂ ।੧।

ਅਪਨੈ ਬੀਚਾਰਿ—ਆਪਣੇ ਆਪ ਦੀ ਵਿਚਾਰ ਤੇ, ਆਪਣੇ ਸਰੂਪ ਦੇ ਗਿਆਨ-(ਰੂਪ ਘੋੜੇ) ਉਤੇ । ਅਸਵਾਰੀ ਕੀਜੈ—ਸਵਾਰ ਹੋ ਜਾਈਏ । ਪਾਵੜੈ—ਰਕਾਬ ਵਿਚ । ਸਹਜ—ਸ਼ਾਂਤੀ, ਅਡੋਲਤਾ । ਸਹਜ ਕੈ ਪਾਵੜੈ—ਸਹਿਜ ਅਵਸਥਾ ਦੀ ਰਕਾਬ ਵਿਚ । ਪਗੁ—ਪੈਰ, ਬੁੱਧੀ-ਰੂਪ ਪੈਰ, ਤਾਂ ਜੋ ਡਿੱਗ ਨਾ ਪਈਏ {ਮਨ ਨੀਵਾਂ, ਮਤਿ ਉੱਚੀ, ਮਤਿ ਕਾ ਰਾਖਾ ਵਾਹਿਗੁਰੂ—ਇਸ ਅਰਦਾਸ ਵਿਚ ਏਹੀ ਭਾਵ ਹੈ ਕਿ ਅਕਲ ਪ੍ਰਭੂ ਦੇ ਅਧੀਨ ਰਹਿ ਕੇ ਸਹਿਜ ਅਵਸਥਾ ਵਿਚ ਟਿਕੀ ਰਹੇ ਅਤੇ ਮਨ ਉਤੇ ਕਾਬੂ ਰੱਖੇ} । ਧਰਿ ਲੀਜੈ—ਰੱਖ ਲਈਏ ।੧।ਰਹਾਉ।

ਚਲੁ ਰੇ—ਹੇ (ਮਨ!) ਤੁਰ । ਤੁਝਹਿ—(ਹੇ ਮਨ!) ਤੈਨੂੰ । ਤਾਰਉ—ਤਰਾਵਾਂ, ਤਾਰੀਆਂ ਲਵਾਵਾਂ । ਬੈਕੁੰਠ ਤਾਰਉ—ਬੈਕੁੰਠ ਦੀਆਂ ਤਾਰੀਆਂ ਲਵਾਵਾਂ । ਹਿਚਹਿ—ਜੇ ਤੂੰ ਅੜੀ ਕਰੇਂਗਾ ।੨।

ਭਲੇ—ਚੰਗੇ, ਸਿਆਣੇ । ਤੇ—ਤੋਂ । ਨਿਰਾਰਾ—ਨਿਰਾਲਾ, ਵੱਖਰਾ । ਰਹਹਿ—ਰਹਿੰਦੇ ਹਨ ।੨।

ਅਰਥ:- ਮੈਂ ਤਾਂ (ਆਪਣੇ ਮਨ-ਰੂਪ ਅਤੇ ਘੋੜੇ ਨੂੰ ਉਸਤਤਿ ਨਿੰਦਾ ਤੋਂ ਰੋਕਣ ਦੀ) ਪੂਜੀ ਦੇ ਕੇ (ਪ੍ਰੇਮ ਦੀ ਲਗਨ ਦੀ) ਲਗਾਮ ਪਾਂਦਾ ਹਾਂ ਅਤੇ ਪ੍ਰਭੂ ਨੂੰ ਸਭ ਥਾਈਂ ਵਿਆਪਕ ਜਾਣਨਾ—ਇਹ ਕਾਠੀ ਪਾ ਕੇ (ਮਨ ਨੂੰ) ਨਿਰੰਕਾਰ ਦੇ ਦੇਸ ਦੀ ਉਡਾਰੀ ਲਵਾਉਂਦਾ ਹਾਂ (ਭਾਵ, ਮਨ ਨੂੰ ਪ੍ਰਭੂ ਦੀ ਯਾਦ ਵਿਚ ਜੋੜਦਾ ਹਾਂ) ।੧।

(ਆਓ, ਭਾਈ!) ਆਪਣੇ ਸਰੂਪ ਦੇ ਗਿਆਨ-ਰੂਪ ਘੋੜੇ ਉੱਤੇ ਸਵਾਰ ਹੋ ਜਾਈਏ (ਭਾਵ, ਅਸਾਡਾ ਅਸਲਾ ਕੀਹ ਹੈ, ਇਸ ਵਿਚਾਰ ਨੂੰ ਘੋੜਾ ਬਣਾ ਕੇ ਇਸ ਉੱਤੇ ਸਵਾਰ ਹੋਵੀਏ; ਹਰ ਵੇਲੇ ਆਪਣੇ ਅਸਲੇ ਦਾ ਚੇਤਾ ਰੱਖੀਏ), ਅਤੇ ਆਪਣੀ ਅਕਲ-ਰੂਪ ਪੈਰ ਨੂੰ ਸਹਿਜ ਅਵਸਥਾ ਦੀ ਰਕਾਬ ਵਿਚ ਰੱਖੀ ਰੱਖੀਏ ।੧।ਰਹਾਉ।

ਚੱਲ, ਹੇ (ਮਨ-ਰੂਪ ਘੋੜੇ)! ਤੈਨੂੰ ਬੈਕੁੰਠ ਦੇ ਸੈਰ ਕਰਾਵਾਂ; ਜੇ ਅੜੀ ਕੀਤੀਓਈ, ਤਾਂ ਤੈਨੂੰ ਮੈਂ ਪ੍ਰੇਮ ਦਾ ਚਾਬਕ ਮਾਰਾਂਗਾ ।੨।

ਕਬੀਰ ਆਖਦਾ ਹੈ—(ਇਹੋ ਜਿਹੇ) ਸਿਆਣੇ ਅਸਵਾਰ (ਜੋ ਆਪਣੇ ਮਨ ਉੱਤੇ ਸਵਾਰ ਹੁੰਦੇ ਹਨ) ਵੇਦਾਂ ਤੇ ਕਤੇਬਾਂ (ਨੂੰ ਸੱਚੇ ਝੂਠੇ ਆਖਣ ਦੇ ਝਗੜੇ) ਤੋਂ ਵੱਖਰੇ ਰਹਿੰਦੇ ਹਨ ।੩।੩੧।

ਸ਼ਬਦ ਦਾ ਭਾਵ:- ਹੋਰਨਾਂ ਮਤਾਂ ਦੇ ਧਰਮ-ਪੁਸਤਕਾਂ ਨੂੰ ਨਿੰਦਣ ਦੇ ਥਾਂ, ਧਰਮ ਦਾ ਸਹੀ ਰਸਤਾ ਇਹ ਹੈ ਕਿ ਆਪਣੇ ਅਸਲੇ ਪਰਮਾਤਮਾ ਨੂੰ ਸਦਾ ਚੇਤੇ ਰੱਖੀਏ, ਤੇ ਇਸ ਤਰਾਂ ਮਨ ਨੂੰ ਵਿਕਾਰਾਂ ਵਿਚ ਨਾਹ ਡੋਲਣ ਦੇਈਏ । ਜੋ ਮਨੁੱਖ ਸਰਬ-ਵਿਆਪਕ ਪ੍ਰਭੂ ਦੇ ਚਰਨਾਂ ਨਾਲ ਪ੍ਰੇਮ ਜੋੜਦਾ ਹੈ ਉਹ ਮਾਨੋ ਬੈਕੁੰਠ ਵਿਚ ਉਡਾਰੀਆਂ ਲਾਉਂਦਾ ਹੈ! ।੩੧।

ਗਉੜੀ ਕਬੀਰ ਜੀ ॥ ਜਿਹ ਮੁਖਿ ਪਾਂਚਉ ਅੰਮ੍ਰਿਤ ਖਾਏ ॥ ਤਿਹ ਮੁਖ ਦੇਖਤ ਲੂਕਟ ਲਾਏ ॥੧॥ ਇਕੁ ਦੁਖੁ ਰਾਮ ਰਾਇ ਕਾਟਹੁ ਮੇਰਾ ॥ ਅਗਨਿ ਦਹੈ ਅਰੁ ਗਰਭ ਬਸੇਰਾ ॥੧॥ ਰਹਾਉ ॥ ਕਾਇਆ ਬਿਗੂਤੀ ਬਹੁ ਬਿਧਿ ਭਾਤੀ ॥ ਕੋ ਜਾਰੇ ਕੋ ਗਡਿ ਲੇ ਮਾਟੀ ॥੨॥ ਕਹੁ ਕਬੀਰ ਹਰਿ ਚਰਣ ਦਿਖਾਵਹੁ ॥ ਪਾਛੈ ਤੇ ਜਮੁ ਕਿਉ ਨ ਪਠਾਵਹੁ ॥੩॥੩੨॥ {ਪੰਨਾ 329}

ਪਦਅਰਥ:- ਜਿਹ ਮੁਖਿ—ਜਿਸ ਮੂੰਹ ਨਾਲ । ਪਾਂਚਉ—ਪੰਜੇ ਹੀ । ਪਾਂਚਉ ਅੰਮ੍ਰਿਤ—ਪੰਜੇ ਹੀ ਅੰਮ੍ਰਿਤ, ਪੰਜੇ ਹੀ ਉੱਤਮ ਖਾਣੇ—ਦੁੱਧ, ਦਹੀਂ, ਘਿਉ, ਖੰਡ, ਸ਼ਹਿਦ । ਖਾਏ—ਖਾਧੇ ਹਨ । ਦੇਖਤ—ਵੇਖਦਿਆਂ ਹੀ । ਲੂਕਟ—ਲੂਕੀ, ਲੰਬੂ, ਚੁਆਤੀ ।੧।

ਰਾਮ ਰਾਇ—ਹੇ ਸੁਹਣੇ ਰਾਮ! ਕਾਟਹੁ—ਦੂਰ ਕਰੋ । ਅਗਨਿ—ਅੱਗ । ਦਹੈ—ਸਾੜਦੀ ਹੈ । ਬਸੇਰਾ—ਵਾਸਾ ।੧।ਰਹਾਉ।

ਬਿਗੂਤੀ—ਖ਼ਰਾਬ ਹੁੰਦੀ ਹੈ । ਬਹੁ ਬਿਧਿ ਭਾਤੀ—ਬਹੁ ਬਿਧਿ ਭਾਤੀ, ਕਈ ਤਰ੍ਹਾਂ । ਕੋ—ਕਈ ਮਨੁੱਖ । ਜਾਰੇ—ਸਾੜ ਦੇਂਦਾ ਹੈ ।੨।

ਹਰਿ—ਹੇ ਹਰੀ! ਦਿਖਾਵਹੁ—ਦਰਸ਼ਨ ਕਰਾ ਦਿਓ । ਪਾਛੈ ਤੇ—ਉਸ ਤੋਂ ਪਿੱਛੋਂ । ਕਿਉ ਨ—ਭਾਵੇਂ ਹੀ । ਪਠਾਵਹੁ—ਘੱਲ ਦਿਓ ।੩।

ਅਰਥ:- ਜਿਸ ਮੂੰਹ ਨਾਲ ਪੰਜੇ ਹੀ ਉੱਤਮ ਪਦਾਰਥ ਖਾਈਦੇ ਹਨ, (ਮਰਨ ਤੇ) ਉਸ ਮੂੰਹ ਨੂੰ ਆਪਣੇ ਸਾਹਮਣੇ ਹੀ ਚੁਆਤੀ (ਬਾਲ ਕੇ) ਲਾ ਦੇਈਦੀ ਹੈ ।੧।

ਹੇ ਮੇਰੇ ਸੁਹਣੇ ਰਾਮ! ਇਹ ਜੋ ਤ੍ਰਿਸ਼ਨਾ ਦੀ ਅੱਗ ਸਾੜਦੀ ਹੈ, ਤੇ ਗਰਭ ਦਾ ਵਾਸ ਹੈ (ਭਾਵ, ਇਹ ਜੋ ਮੁੜ ਮੁੜ ਜੰਮਣਾ ਮਰਨਾ ਪੈਂਦਾ ਹੈ ਤੇ ਤ੍ਰਿਸ਼ਨਾ ਅੱਗ ਵਿਚ ਸੜੀਦਾ ਹੈ)—ਮੇਰਾ ਇਕ ਇਹ ਦੁੱਖ ਦੂਰ ਕਰ ਦੇਹ ।੧।ਰਹਾਉ।

(ਮਰਨ ਪਿਛੋਂ) ਇਹ ਸਰੀਰ ਕਈ ਤਰ੍ਹਾਂ ਖ਼ਰਾਬ ਹੁੰਦਾ ਹੈ । ਕੋਈ ਇਸ ਨੂੰ ਸਾੜ ਦੇਂਦਾ ਹੈ, ਕੋਈ ਇਸ ਨੂੰ ਮਿੱਟੀ ਵਿਚ ਦੱਬ ਦੇਂਦਾ ਹੈ ।੨।

ਹੇ ਕਬੀਰ! (ਪ੍ਰਭੂ ਦੇ ਦਰ ਤੇ ਇਉਂ) ਆਖ—ਹੇ ਪ੍ਰਭੂ! (ਮੈਨੂੰ) ਆਪਣੇ ਚਰਨਾਂ ਦਾ ਦਰਸ਼ਨ ਕਰਾ ਦੇਹ, ਉਸ ਤੋਂ ਪਿਛੋਂ ਬੇਸ਼ੱਕ ਜਮ ਨੂੰ ਹੀ (ਮੇਰੇ ਪ੍ਰਾਣ ਲੈਣ ਲਈ) ਘੱਲ ਦੇਵੀਂ ।੩।੩੨।

ਸ਼ਬਦ ਦਾ ਭਾਵ:- ਨਿਰਾ ਇਸ ਸਰੀਰ ਨੂੰ ਪਾਲਣ ਦੇ ਆਹਰੇ ਲੱਗੇ ਰਹਿਣਾ ਜੀਵਨ-ਮਨੋਰਥ ਨਹੀਂ, ਕਿਉਂਕਿ ਮੌਤ ਆਉਣ ਤੇ ਇਸ ਸਰੀਰ ਨੇ ਆਖ਼ਰ ਖ਼ਾਕ ਵਿਚ ਰਲ ਜਾਣਾ ਹੈ । ਜੀਵ ਇੱਥੇ ਆਇਆ ਹੈ ਪ੍ਰਭੂ ਦਾ ਭਜਨ ਕਰਨ ।੩੨।

ਗਉੜੀ ਕਬੀਰ ਜੀ ॥ ਆਪੇ ਪਾਵਕੁ ਆਪੇ ਪਵਨਾ ॥ ਜਾਰੈ ਖਸਮੁ ਤ ਰਾਖੈ ਕਵਨਾ ॥੧॥ ਰਾਮ ਜਪਤ ਤਨੁ ਜਰਿ ਕੀ ਨ ਜਾਇ ॥ ਰਾਮ ਨਾਮ ਚਿਤੁ ਰਹਿਆ ਸਮਾਇ ॥੧॥ ਰਹਾਉ ॥ ਕਾ ਕੋ ਜਰੈ ਕਾਹਿ ਹੋਇ ਹਾਨਿ ॥ ਨਟ ਵਟ ਖੇਲੈ ਸਾਰਿਗਪਾਨਿ ॥੨॥ ਕਹੁ ਕਬੀਰ ਅਖਰ ਦੁਇ ਭਾਖਿ ॥ ਹੋਇਗਾ ਖਸਮੁ ਤ ਲੇਇਗਾ ਰਾਖਿ ॥੩॥੩੩॥ {ਪੰਨਾ 329}

ਪਦਅਰਥ:- ਆਪੇ—ਆਪ ਹੀ । ਪਾਵਕੁ—ਅੱਗ । ਪਵਨਾ—ਹਵਾ । ਜਾਰੈ—ਸਾੜਦਾ ਹੈ । ਤ—ਤਾਂ । ਕਵਨਾ—ਕੌਣ? ।੧।

ਰਾਮ ਜਪਤ—ਪ੍ਰਭੂ ਦਾ ਸਿਮਰਨ ਕਰਦਿਆਂ । ਕੀ ਨ—ਕਿਉਂ ਨ? ਭਾਵੇਂ, ਬੇਸ਼ੱਕ । ਜਰਿ ਕੀ ਨ ਜਾਇ—ਬੇਸ਼ਕ ਸੜ ਜਾਏ ।੧।ਰਹਾਉ।

ਕਾ ਕੋ—ਕਿਸ ਦਾ ਕੁਝ? ਕਾਹਿ—ਕਿਸ ਦਾ? ਹਾਨਿ—ਹਾਨੀ, ਨੁਕਸਾਨ । ਵਟ—ਵਟਾਉ, ਭੇਸ । ਸਾਰਿਗਪਾਨਿ—{ਸਾਰਿਗ—ਧਨਖ । ਪਾਨਿ—ਹੱਥ । ਜਿਸ ਦੇ ਹੱਥ ਵਿਚ ਸਾਰਿਗ ਧਨਖ ਹੈ, ਜੋ ਸਭ ਜੀਵਾਂ ਨੂੰ ਮਾਰਨ ਵਾਲਾ ਭੀ ਹੈ} ਪਰਮਾਤਮਾ ।੨।

ਭਾਖਿ—ਆਖ । ਅਖਰ ਦੁਇ—ਦੋਵੇਂ ਅੱਖਰ, ਦੋ ਹੀ ਗੱਲਾਂ, ਇਕ ਨਿੱਕੀ ਜਿਹੀ ਗੱਲ । ਹੋਇਗਾ ਖਸਮੁ—ਜੇ

ਮਾਲਕ ਹੋਵੇਗਾ, ਜੇ ਖਸਮ ਨੂੰ ਮਨਜ਼ੂਰ ਹੋਵੇਗਾ । ਲੇਇਗਾ ਰਾਖਿ—ਬਚਾ ਲਏਗਾ ।੩।

ਅਰਥ:- ਖਸਮ (ਪ੍ਰਭੂ) ਆਪ ਹੀ ਅੱਗ ਹੈ, ਆਪ ਹੀ ਹਵਾ ਹੈ । ਜੇ ਉਹ ਆਪ ਹੀ (ਜੀਵ ਨੂੰ) ਸਾੜਨ ਲੱਗੇ, ਤਾਂ ਕੌਣ ਬਚਾ ਸਕਦਾ ਹੈ? ।੧।

(ਜਿਸ ਮਨੁੱਖ ਦਾ) ਮਨ ਪ੍ਰਭੂ ਦੇ ਨਾਮ ਵਿਚ ਜੁੜ ਰਿਹਾ ਹੈ, ਪ੍ਰਭੂ ਦਾ ਸਿਮਰਨ ਕਰਦਿਆਂ (ਉਸ ਦਾ) ਸਰੀਰ ਭੀ ਭਾਵੇਂ ਸੜ ਜਾਏ (ਉਹ ਰਤਾ ਪਰਵਾਹ ਨਹੀਂ ਕਰਦਾ) ।੧।ਰਹਾਉ।

(ਕਿਉਂਕਿ ਬੰਦਗੀ ਕਰਨ ਵਾਲੇ ਨੂੰ ਇਹ ਨਿਸ਼ਚਾ ਹੁੰਦਾ ਹੈ ਕਿ) ਨਾਹ ਕਿਸੇ ਦਾ ਕੁਝ ਸੜਦਾ ਹੈ, ਤੇ ਨਾਹ ਕਿਸੇ ਦਾ ਕੋਈ ਨੁਕਸਾਨ ਹੁੰਦਾ ਹੈ; ਪ੍ਰਭੂ ਆਪ ਹੀ (ਸਭ ਥਾਈਂ) ਨਟਾਂ ਦੇ ਭੇਸਾਂ ਵਾਂਗ ਖੇਡ ਰਿਹਾ ਹੈ, (ਭਾਵ, ਕਿਤੇ ਆਪ ਹੀ ਨੁਕਸਾਨ ਕਰ ਰਿਹਾ ਹੈ, ਤੇ ਕਿਤੇ ਆਪ ਹੀ ਉਹ ਨੁਕਸਾਨ ਸਹਿ ਰਿਹਾ ਹੈ) ।੨।

(ਇਸ ਵਾਸਤੇ) ਹੇ ਕਬੀਰ! (ਤੂੰ ਤਾਂ) ਇਹ ਨਿੱਕੀ ਜਿਹੀ ਗੱਲ ਚੇਤੇ ਰੱਖ ਕਿ ਜੇ ਖ਼ਸਮ ਨੂੰ ਮਨਜ਼ੂਰ ਹੋਵੇਗਾ ਤਾਂ (ਜਿਥੇ ਕਿਤੇ ਲੋੜ ਪਏਗੀ, ਆਪ ਹੀ) ਬਚਾ ਲਏਗਾ ।੩।੩੩।

ਸ਼ਬਦ ਦਾ ਭਾਵ:- ਸਿਮਰਨ ਦੀ ਬਰਕਤਿ ਨਾਲ ਇਹ ਯਕੀਨ ਬਣ ਜਾਂਦਾ ਹੈ ਕਿ ਪ੍ਰਭੂ ਆਪ ਹੀ ਹਰ ਥਾਂ ਰਾਖਾ ਹੈ, ਹੋਰ ਕੋਈ ਕਿਸੇ ਦਾ ਕੁਝ ਵਿਗਾੜ ਨਹੀਂ ਸਕਦਾ; ਉਹ ਆਪ ਹੀ ਜਗਤ ਦੀ ਹਰੇਕ ਖੇਡ, ਖੇਡ ਰਿਹਾ ਹੈ ।੩੩।

ਗਉੜੀ ਕਬੀਰ ਜੀ ਦੁਪਦੇ• ॥ ਨਾ ਮੈ ਜੋਗ ਧਿਆਨ ਚਿਤੁ ਲਾਇਆ ॥ ਬਿਨੁ ਬੈਰਾਗ ਨ ਛੂਟਸਿ ਮਾਇਆ ॥੧॥ ਕੈਸੇ ਜੀਵਨੁ ਹੋਇ ਹਮਾਰਾ ॥ ਜਬ ਨ ਹੋਇ ਰਾਮ ਨਾਮ ਅਧਾਰਾ ॥੧॥ ਰਹਾਉ ॥ ਕਹੁ ਕਬੀਰ ਖੋਜਉ ਅਸਮਾਨ ॥ ਰਾਮ ਸਮਾਨ ਨ ਦੇਖਉ ਆਨ ॥੨॥੩੪॥ {ਪੰਨਾ 329-330}

ਨੋਟ:- ਦੁਪਦੇ—ਦੋ ਪਦਾਂ ਵਾਲੇ ਸ਼ਬਦ {ਪਦ—ਬੰਦ=Stanza}, ਦੋ ਬੰਦਾਂ ਵਾਲੇ ਸ਼ਬਦ । ਲਫ਼ਜ਼ 'ਦੁਪਦੇ' ਦੇ ਹੇਠ ਨਿੱਕੇ ਅੰਕ '੨' ਦਾ ਭਾਵ ਇਹ ਹੈ ਕਿ ਦੋ ਪਦਾਂ ਵਾਲੇ ਦੋ ਸ਼ਬਦ ਅਗਾਂਹ ਦਰਜ ਹਨ ਨੰ: ੩੪ ਅਤੇ ਨੰ: ੩੫ ।

ਪਦਅਰਥ:- ਚਿਤੁ ਲਾਇਆ—ਮਨ ਜੋੜਿਆ, ਖ਼ਿਆਲ ਕੀਤਾ, ਗਹੁ ਕੀਤਾ । ਬੈਰਾਗ—ਸੰਸਾਰ ਦੇ ਮੋਹ ਤੋਂ ਉਪਰਾਮਤਾ । ਛੂਟਸਿ—ਦੂਰ ਹੋਵੇਗੀ । ਨ ਛੂਟਸਿ—ਖ਼ਲਾਸੀ ਨਹੀਂ ਹੋਵੇਗੀ ।੧।

ਜਬ-ਜੇ । ਅਧਾਰਾ—ਆਸਰਾ ।੧।

ਖੋਜਉ—ਮੈਂ ਖੋਜਦਾ ਹਾਂ, ਮੈਂ ਭਾਲ ਚੁਕਿਆ ਹਾਂ । ਅਸਮਾਨ—ਅਕਾਸ਼ ਤਾਈਂ । ਆਨ—ਕੋਈ ਹੋਰ, ਪ੍ਰਭੂ ਤੋਂ ਬਿਨਾ ਕੋਈ ਦੂਜਾ । ਨ ਦੇਖਉ—ਮੈਂ ਨਹੀਂ ਵੇਖਦਾ, ਮੈਨੂੰ ਕੋਈ ਨਹੀਂ ਲੱਭਾ ।੨।

ਅਰਥ:- ਮੈਂ ਤਾਂ ਜੋਗ (ਦੇ ਦੱਸੇ ਹੋਏ) ਧਿਆਨ (ਭਾਵ, ਸਮਾਧੀਆਂ) ਦਾ ਗਹੁ ਨਹੀਂ ਕੀਤਾ (ਕਿਉਂਕਿ ਇਸ ਨਾਲ ਵੈਰਾਗ ਪੈਦਾ ਨਹੀਂ ਹੁੰਦਾ, ਅਤੇ) ਵੈਰਾਗ ਤੋਂ ਬਿਨਾ ਮਾਇਆ (ਦੇ ਮੋਹ) ਤੋਂ ਖ਼ਲਾਸੀ ਨਹੀਂ ਹੋ ਸਕਦੀ ।੧।

(ਮਾਇਆ ਇਤਨੀ ਪ੍ਰਬਲ ਹੈ ਕਿ) ਜੇ ਅਸਾਨੂੰ ਪ੍ਰਭੂ ਦੇ ਨਾਮ ਦਾ ਆਸਰਾ ਨਾਹ ਹੋਵੇ ਤਾਂ ਅਸੀ (ਸਹੀ ਜੀਵਨ) ਜੀਉ ਹੀ ਨਹੀਂ ਸਕਦੇ ।੧।ਰਹਾਉ।

ਹੇ ਕਬੀਰ! ਆਖ—ਮੈਂ ਅਕਾਸ਼ ਤਕ (ਭਾਵ, ਸਾਰੀ ਦੁਨੀਆ) ਭਾਲ ਕਰ ਚੁਕਿਆ ਹਾਂ (ਪਰ ਪ੍ਰਭੂ ਤੋਂ ਬਿਨਾ)

ਮੈਨੂੰ ਕੋਈ ਹੋਰ ਨਹੀਂ ਲੱਭਾ (ਜੋ ਮਾਇਆ ਦੇ ਮੋਹ ਤੋਂ ਬਚਾ ਕੇ ਅਸਲ ਜੀਵਨ ਦੇ ਸਕੇ) ।੨।੩੪।

ਸ਼ਬਦ ਦਾ ਭਾਵ:- ਪ੍ਰਭੂ ਦਾ ਇਕ ਨਾਮ ਹੀ ਐਸਾ ਹੈ ਜੋ ਮਾਇਆ ਦੇ ਮੋਹ ਤੋਂ ਬਚਾ ਕੇ ਸਹੀ ਜੀਵਨ ਦਾ ਰਾਹ ਸਿਖਾ ਸਕਦਾ ਹੈ । ਨਾਹ ਕੋਈ ਹੋਰ ਵਿਅਕਤੀ ਤੇ ਨਾਹ (ਜੋਗ ਆਦਿਕ) ਕੋਈ ਹੋਰ ਸਾਧਨ ਇਸ ਗੱਲ ਦੇ ਸਮਰੱਥ ਹੈ ।੩੪।

ਗਉੜੀ ਕਬੀਰ ਜੀ ॥ ਜਿਹ ਸਿਰਿ ਰਚਿ ਰਚਿ ਬਾਧਤ ਪਾਗ ॥ ਸੋ ਸਿਰੁ ਚੁੰਚ ਸਵਾਰਹਿ ਕਾਗ ॥੧॥ ਇਸੁ ਤਨ ਧਨ ਕੋ ਕਿਆ ਗਰਬਈਆ ॥ ਰਾਮ ਨਾਮੁ ਕਾਹੇ ਨ ਦ੍ਰਿੜ੍ਹੀਆ ॥੧॥ ਰਹਾਉ ॥ ਕਹਤ ਕਬੀਰ ਸੁਨਹੁ ਮਨ ਮੇਰੇ ॥ ਇਹੀ ਹਵਾਲ ਹੋਹਿਗੇ ਤੇਰੇ ॥੨॥੩੫॥ ਗਉੜੀ ਗੁਆਰੇਰੀ ਕੇ ਪਦੇ ਪੈਤੀਸ ॥ {ਪੰਨਾ 330}

ਪਦਅਰਥ:- ਜਿਹ ਸਿਰਿ—ਜਿਸ ਸਿਰ ਤੇ । ਰਚਿ ਰਚਿ—ਸੰਵਾਰ ਸੰਵਾਰ ਕੇ । ਬਾਧਤ—ਬੰਨ੍ਹਦਾ ਹੈ । ਸੋ ਸਿਰੁ—ਉਸ ਸਿਰ ਨੂੰ । ਚੁੰਚ—ਚੁੰਝ ।੧।

ਕੋ—ਦਾ । ਕਿਆ—ਕੀਹ? ਗਰਬਈਆ—ਮਾਣ, ਅਹੰਕਾਰ । ਕਾਹੇ—ਕਿਉਂ? ਦ੍ਰਿੜ੍ਹੀਆ—ਦ੍ਰਿੜ੍ਹ ਕਰਦਾ, ਜਪਦਾ ।੧।ਰਹਾਉ।

ਅਰਥ:- ਜਿਸ ਸਿਰ ਤੇ (ਮਨੁੱਖ) ਸੰਵਾਰ ਸੰਵਾਰ ਪੱਗ ਬੰਨ੍ਹਦਾ ਹੈ, (ਮੌਤ ਆਉਣ ਤੇ) ਉਸ ਸਿਰ ਨੂੰ ਕਾਂ ਆਪਣੀਆਂ ਚੁੰਝਾਂ ਨਾਲ ਸੰਵਾਰਦੇ ਹਨ ।੧।

(ਹੇ ਭਾਈ!) ਇਸ ਸਰੀਰ ਦਾ ਅਤੇ ਇਸ ਧਨ ਦਾ ਕੀਹ ਮਾਣ ਕਰਦਾ ਹੈਂ? ਪ੍ਰਭੂ ਦਾ ਨਾਮ ਕਿਉਂ ਨਹੀਂ ਸਿਮਰਦਾ? ।੧।ਰਹਾਉ।

ਕਬੀਰ ਆਖਦਾ ਹੈ—ਹੇ ਮੇਰੇ ਮਨ! ਸੁਣ, (ਮੌਤ ਆਉਣ ਤੇ) ਤੇਰੇ ਨਾਲ ਭੀ ਇਹੋ ਜਿਹੀ ਹੀ ਹੋਵੇਗੀ ।੨।੩੫।

ਸ਼ਬਦ ਦਾ ਭਾਵ:- ਇਸ ਧਨ ਦਾ ਜਾਂ ਇਸ ਸਰੀਰ ਦਾ ਮਾਣ ਕਰਨਾ ਬੇ-ਸਮਝੀ ਹੈ, ਕੋਈ ਭੀ ਇਸ ਜੀਵ ਦੇ ਨਾਲ ਨਹੀਂ ਨਿਭਦਾ । ਪ੍ਰਭੂ ਦਾ ਨਾਮ ਹੀ ਸੱਚਾ ਸਾਥੀ ਹੈ ।੩੫।

ਨੋਟ:- ਇਸ ਸਾਰੇ ਸੰਗ੍ਰਹਿ ਵਿਚ ਮੁਖ਼ਤਲਿਫ਼ ਬੰਦਾਂ ਵਾਲੇ ੩੫ ਸ਼ਬਦ ਹਨ; ਜਿਨ੍ਹਾਂ ਦਾ ਵੇਰਵਾ ਇਉਂ ਹੈ:

ਚਾਰ ਬੰਦਾਂ ਵਾਲੇ ਸ਼ਬਦ ੧੪ . . . . ੧ ਤੋਂ ੧੪ ਤਕ,
ਪੰਜ ਬੰਦਾਂ ਵਾਲੇ ਸ਼ਬਦ ੨ . . . . ੧੫ ਤੋਂ ੧੬ ਤਕ,
ਤਿੰਨ ਬੰਦਾਂ ਵਾਲੇ ਚਾਰ-ਤੁਕੀਏ ਸ਼ਬਦ ੨ . . ੧੭ ਤੋਂ ੧੮,
ਤਿੰਨ ਬੰਦਾਂ ਵਾਲੇ ਸ਼ਬਦ ੧੫ . . . . .੧੯ ਤੋਂ ੩੩,
ਦੋ ਬੰਦਾਂ ਵਾਲੇ ਸ਼ਬਦ ੨ . . . . ੩੪ ਤੇ ੩੫ ।
. . . . ਜੋੜ ੩੫

ਰਾਗੁ ਗਉੜੀ ਗੁਆਰੇਰੀ ਅਸਟਪਦੀ ਕਬੀਰ ਜੀ ਕੀ ੴ ਸਤਿਗੁਰ ਪ੍ਰਸਾਦਿ ॥ ਸੁਖੁ ਮਾਂਗਤ ਦੁਖੁ ਆਗੈ ਆਵੈ ॥ ਸੋ ਸੁਖੁ ਹਮਹੁ ਨ ਮਾਂਗਿਆ ਭਾਵੈ ॥੧॥ ਬਿਖਿਆ ਅਜਹੁ ਸੁਰਤਿ ਸੁਖ ਆਸਾ

॥ ਕੈਸੇ ਹੋਈ ਹੈ ਰਾਜਾ ਰਾਮ ਨਿਵਾਸਾ ॥੧॥ ਰਹਾਉ ॥ ਇਸੁ ਸੁਖ ਤੇ ਸਿਵ ਬ੍ਰਹਮ ਡਰਾਨਾ ॥ ਸੋ ਸੁਖੁ ਹਮਹੁ ਸਾਚੁ ਕਰਿ ਜਾਨਾ ॥੨॥ ਸਨਕਾਦਿਕ ਨਾਰਦ ਮੁਨਿ ਸੇਖਾ ॥ ਤਿਨ ਭੀ ਤਨ ਮਹਿ ਮਨੁ ਨਹੀ ਪੇਖਾ ॥੩॥ ਇਸੁ ਮਨ ਕਉ ਕੋਈ ਖੋਜਹੁ ਭਾਈ ॥ ਤਨ ਛੂਟੇ ਮਨੁ ਕਹਾ ਸਮਾਈ ॥੪॥ ਗੁਰ ਪਰਸਾਦੀ ਜੈਦੇਉ ਨਾਮਾਂ ॥ ਭਗਤਿ ਕੈ ਪ੍ਰੇਮਿ ਇਨ ਹੀ ਹੈ ਜਾਨਾਂ ॥੫॥ ਇਸੁ ਮਨ ਕਉ ਨਹੀ ਆਵਨ ਜਾਨਾ ॥ ਜਿਸ ਕਾ ਭਰਮੁ ਗਇਆ ਤਿਨਿ ਸਾਚੁ ਪਛਾਨਾ ॥੬॥ ਇਸੁ ਮਨ ਕਉ ਰੂਪੁ ਨ ਰੇਖਿਆ ਕਾਈ ॥ ਹੁਕਮੇ ਹੋਇਆ ਹੁਕਮੁ ਬੂਝਿ ਸਮਾਈ ॥੭॥ ਇਸ ਮਨ ਕਾ ਕੋਈ ਜਾਨੈ ਭੇਉ ॥ ਇਹ ਮਨਿ ਲੀਣ ਭਏ ਸੁਖਦੇਉ ॥੮॥ ਜੀਉ ਏਕੁ ਅਰੁ ਸਗਲ ਸਰੀਰਾ ॥ ਇਸੁ ਮਨ ਕਉ ਰਵਿ ਰਹੇ ਕਬੀਰਾ ॥੯॥੧॥੩੬॥ {ਪੰਨਾ 330}

ਪਦਅਰਥ:- ਅਸਟਪਦੀ—{ਅਸਟ-ਅੱਠ । ਪਦ—ਬੰਦ, Stanza} ਅੱਠ ਬੰਦਾਂ ਵਾਲਾ ਸ਼ਬਦ ।

ਹਮਹੁ—ਸਾਨੂੰ । ਨ ਭਾਵੈ—ਚੰਗਾ ਨਹੀਂ ਲੱਗਦਾ । ਮਾਂਗਿਆ ਨ ਭਾਵੈ—ਮੰਗਣਾ ਚੰਗਾ ਨਹੀਂ ਲੱਗਦਾ, ਮੰਗਣ ਦੀ ਲੋੜ ਨਹੀਂ ।੧।

ਬਿਖਿਆ—ਮਾਇਆ । ਸੁਰਤਿ—ਧਿਆਨ । ਹੋਈ ਹੈ—ਹੋਵੇਗਾ, ਹੋ ਸਕਦਾ ਹੈ । ਰਾਜਾ—ਜੋਤਿ-ਰੂਪ ।੧।ਰਹਾਉ।

ਡਰਨਾ—ਡਰ ਗਏ, ਕੰਨਾਂ ਨੂੰ ਹੱਥ ਲਾਏ । ਹਮਹੁ—ਅਸਾਂ (ਸੰਸਾਰੀ ਜੀਵਾਂ) ਨੇ ।੨।

ਸਨਕਾਦਿਕ—ਸਨਕ ਆਦਿਕ, ਸਨਕ ਅਤੇ ਹੋਰ, ਬ੍ਰਹਮਾ ਦੇ ਚਾਰੇ ਪੁੱਤਰ (ਸਨਕ, ਸਨੰਦਨ, ਸਤਾਤਨ, ਸਨਤਕੁਮਾਰ) । ਸੇਖਾ—ਸ਼ੇਸ ਨਾਗ । ਤਿਨ ਭੀ—ਇਹਨਾਂ ਨੇ ਭੀ । ਪੇਖਾ—ਵੇਖਿਆ ।੩।

ਤਨ ਛੂਟੇ—ਸਰੀਰ ਨਾਲੋਂ ਵਿਛੋੜਾ ਹੋਣ ਤੇ ।੪।

ਗੁਰ ਪਰਸਾਦੀ—ਗੁਰੂ ਦੀ ਕਿਰਪਾ ਨਾਲ । ਨਾਮਾਂ—ਨਾਮਦੇਵ ਜੀ । ਪ੍ਰੇਮਿ—ਪ੍ਰੇਮ ਨਾਲ, ਪਿਆਰ ਨਾਲ । ਇਨਹੀ—ਇਹਨਾਂ (ਜੈਦੇਵ ਤੇ ਨਾਮਦੇਵ ਜੀ) ਨੇ । ਜਾਨਾਂ ਹੈ—ਸਮਝਿਆ ਹੈ ।੫।

ਤਿਨਿ—ਉਸ ਮਨੁੱਖ ਨੇ । ਸਾਚੁ—ਸਦਾ-ਥਿਰ ਰਹਿਣ ਵਾਲਾ ਪ੍ਰਭੂ ।੬।

ਰੂਪ—ਸ਼ਕਲ । ਰੇਖਿਆ—ਨਿਸ਼ਾਨ, ਚਿਹਨ, ਲਕੀਰ । ਨ ਕਾਈ—ਕੋਈ ਨਹੀਂ ।੭।

ਕੋਈ—ਜੇ ਕੋਈ, ਜੋ ਮਨੁੱਖ । ਭੇਉ—ਭੇਦ । ਇਹ ਮਨਿ—ਇਸ ਮਨ ਵਿਚ । ਲੀਣ—ਸਮਾਇਆ ਹੋਇਆ । ਸੁਖਦੇਉ—ਸੁਖ-ਸਰੂਪ ਪ੍ਰਭੂ ।੮।

ਜੀਉ ਏਕੁ—ਇੱਕ ਆਤਮਾ, ਇੱਕ ਰੱਬੀ ਜੋਤਿ । ਸਗਲ—ਸਾਰੇ । ਰਵਿ ਰਹੇ—ਰਮ ਰਹੇ, ਸਿਮਰ ਰਿਹਾ ਹੈ ।੯।

ਅਰਥ:- ਮੈਨੂੰ ਉਸ ਸੁਖ ਦੇ ਮੰਗਣ ਦੀ ਲੋੜ ਨਹੀਂ, ਜਿਸ ਸੁਖ ਦੇ ਮੰਗਿਆਂ ਦੁੱਖ ਮਿਲਦਾ ਹੈ ।੧।

ਅਜੇ ਭੀ ਸਾਡੀ ਸੁਰਤਿ ਮਾਇਆ ਵਿਚ ਹੀ ਲੱਗੀ ਹੋਈ ਹੈ ਤੇ (ਇਸ ਮਾਇਆ ਤੋਂ ਹੀ) ਸੁਖਾਂ ਦੀ ਆਸ ਲਾਈ ਬੈਠੇ ਹਾਂ; ਤਾਂ ਫਿਰ ਜੋਤਿ-ਰੂਪ ਨਿਰੰਕਾਰ ਦਾ ਨਿਵਾਸ (ਇਸ ਸੁਰਤਿ ਵਿਚ) ਕਿਵੇਂ ਹੋ ਸਕੇ? ।੧।ਰਹਾਉ।

ਇਸ (ਮਾਇਆ-) ਸੁਖ ਤੋਂ ਤਾਂ ਸ਼ਿਵ ਜੀ ਤੇ ਬ੍ਰਹਮਾ (ਵਰਗੇ ਦੇਵਤਿਆਂ) ਨੇ ਭੀ ਕੰਨਾਂ ਨੂੰ ਹੱਥ ਲਾਏ; (ਪਰ

(ਸੰਸਾਰੀ ਜੀਵਾਂ ਨੇ) ਇਸ ਸੁਖ ਨੂੰ ਸੱਚਾ ਕਰ ਕੇ ਸਮਝਿਆ ਹੈ ।੨।

ਬ੍ਰਹਮਾ ਦੇ ਚਾਰੇ ਪੁੱਤਰ ਸਨਕ ਆਦਿਕ, ਨਾਰਦ ਮੁਨੀ ਅਤੇ ਸ਼ੇਸ਼ ਨਾਗ—ਇਹਨਾਂ ਨੇ ਭੀ (ਇਸ ਮਾਇਆ-ਸੁਖ ਵਲ ਸੁਰਤ ਲੱਗੀ ਰਹਿਣ ਦੇ ਕਾਰਨ) ਆਪਣੇ ਮਨ ਨੂੰ ਆਪਣੇ ਸਰੀਰ ਵਿਚ ਨਾਹ ਵੇਖਿਆ (ਭਾਵ, ਇਹਨਾਂ ਦਾ ਮਨ ਭੀ ਅੰਤਰ-ਆਤਮੇ ਟਿਕਿਆ ਨਾਹ ਰਹਿ ਸਕਿਆ) ।੩।

ਹੇ ਭਾਈ! ਕੋਈ ਧਿਰ ਇਸ ਮਨ ਦੀ ਭੀ ਖੋਜ ਕਰੋ ਕਿ ਸਰੀਰ ਨਾਲੋਂ ਵਿਛੋੜਾ ਹੋਣ ਤੇ ਇਹ ਮਨ ਕਿੱਥੇ ਜਾ ਟਿਕਦਾ ਹੈ ।੪।

ਸਤਿਗੁਰੂ ਦੀ ਕਿਰਪਾ ਨਾਲ, ਇਹਨਾਂ ਜੈਦੇਵ ਤੇ ਨਾਮਦੇਵ ਜੀ (ਵਰਗੇ ਭਗਤਾਂ) ਨੇ ਹੀ ਭਗਤੀ ਦੇ ਚਾਉ ਨਾਲ ਇਹ ਗੱਲ ਸਮਝੀ ਹੈ (ਕਿ "ਤਨ ਛੂਟੇ ਮਨੁ ਕਹਾ ਸਮਾਈ") ।੫।

ਜਿਸ ਮਨੁੱਖ ਦੀ (ਸੁਖਾਂ ਵਾਸਤੇ) ਭਟਕਣਾ ਦੂਰ ਹੋ ਗਈ ਹੈ, ਉਸ ਨੇ ਪ੍ਰਭੂ ਨੂੰ ਪਛਾਣ ਲਿਆ ਹੈ (ਪ੍ਰਭੂ ਨਾਲ ਸਾਂਝ ਪਾ ਲਈ ਹੈ); ਉਸ ਮਨੁੱਖ ਦੇ ਇਸ ਆਤਮਾ ਨੂੰ ਜਨਮ ਮਰਨ ਦੇ ਗੇੜ ਵਿਚ ਪੈਣਾ ਨਹੀਂ ਪੈਂਦਾ ।੬।

(ਅਸਲ ਵਿਚ) ਇਸ ਜੀਵ ਦਾ (ਪ੍ਰਭੂ ਤੋਂ ਵੱਖਰਾ) ਕੋਈ ਰੂਪ ਜਾਂ ਚਿਹਨ ਨਹੀਂ ਹੈ । ਪ੍ਰਭੂ ਦੇ ਹੁਕਮ ਵਿਚ ਹੀ ਇਹ (ਵੱਖਰੇ ਸਰੂਪ ਵਾਲਾ) ਬਣਿਆ ਹੈ ਤੇ ਪ੍ਰਭੂ ਦੀ ਰਜ਼ਾ ਨੂੰ ਸਮਝ ਕੇ ਉਸ ਵਿਚ ਲੀਨ ਹੋ ਜਾਂਦਾ ਹੈ ।੭।

ਜੋ ਮਨੁੱਖ ਇਸ ਮਨ ਦਾ ਭੇਦ ਜਾਣ ਲੈਂਦਾ ਹੈ, ਉਹ ਇਸ ਮਨ ਦੀ ਰਾਹੀਂ ਹੀ (ਅੰਤਰ-ਆਤਮੇ) ਲੀਨ ਹੋ ਕੇ ਸੁਖਦੇਵ ਪ੍ਰਭੂ ਦਾ ਰੂਪ ਹੋ ਜਾਂਦਾ ਹੈ ।੮।

ਕਬੀਰ ਉਸ (ਸਰਬ-ਵਿਆਪਕ) ਮਨ (ਭਾਵ, ਪਰਮਾਤਮਾ) ਦਾ ਸਿਮਰਨ ਕਰ ਰਿਹਾ ਹੈ ਜੋ ਆਪ ਇੱਕ ਹੈ ਤੇ ਸਾਰੇ ਸਰੀਰਾਂ ਵਿਚ ਮੌਜੂਦ ਹੈ ।੯।੧।੩੬।

ਸ਼ਬਦ ਦਾ ਭਾਵ:- ਜਦ ਤਕ ਮਾਇਕ ਸੁਖਾਂ ਦੀ ਲਾਲਸਾ ਮਨ ਵਿਚ ਟਿਕੀ ਰਹਿੰਦੀ ਹੈ, ਤਦ ਤਕ ਪਰਮਾਤਮਾ ਨਾਲ ਮਿਲਾਪ ਨਹੀਂ ਹੁੰਦਾ ।

ਗਉੜੀ ਗੁਆਰੇਰੀ ॥ ਅਹਿਨਿਸਿ ਏਕ ਨਾਮ ਜੋ ਜਾਗੇ ॥ ਕੇਤਕ ਸਿਧ ਭਏ ਲਿਵ ਲਾਗੇ ॥੧॥ ਰਹਾਉ ॥ ਸਾਧਕ ਸਿਧ ਸਗਲ ਮੁਨਿ ਹਾਰੇ ॥ ਏਕ ਨਾਮ ਕਲਿਪ ਤਰ ਤਾਰੇ ॥੧॥ ਜੋ ਹਰਿ ਹਰੇ ਸੁ ਹੋਹਿ ਨ ਆਨਾ ॥ ਕਹਿ ਕਬੀਰ ਰਾਮ ਨਾਮ ਪਛਾਨਾ ॥੨॥੩੭॥ {ਪੰਨਾ 330}

ਪਦਅਰਥ:- ਅਹਿ—ਦਿਨ । ਨਿਸਿ—ਰਾਤ । ਜੋ ਜਾਗੇ—ਜੋ ਮਨੁੱਖ ਜਾਗ ਪੈਂਦੇ ਹਨ (ਭਾਵ, ਮਾਇਆ ਦੀ ਨੀਂਦ ਵਿਚੋਂ ਉੱਠ ਖਲੋਂਦੇ ਹਨ) । ਕੇਤਕ—ਕਈ ਮਨੁੱਖ । ਸਿਧ—ਪੁੱਗੇ ਹੋਏ, ਜਿਨ੍ਹਾਂ ਦੀ ਘਾਲ ਸਫਲ ਹੋ ਗਈ ਹੈ । ਲਿਵ ਲਾਗੇ—ਲਿਵ ਲਗਾ ਕੇ, ਸੁਰਤ ਜੋੜ ਕੇ ।੧।ਰਹਾਉ।

ਸਾਧਕ—ਸਾਧਨ ਕਰਨ ਵਾਲੇ । ਸਗਲ—ਸਾਰੇ । ਹਾਰੇ—ਥੱਕ ਗਏ ਹਨ । ਕਲਿਪ ਤਰ—ਕਲਪ ਰੁੱਖ, {ਪੁਰਾਤਨ ਹਿੰਦੂ ਪੁਸਤਕਾਂ ਵਿਚ ਇਹ ਗੱਲ ਮੰਨੀ ਗਈ ਹੈ ਕਿ ਸ੍ਵਰਗ ਵਿਚ ਪੰਜ ਰੁੱਖ ਹਨ, ਜਿਨ੍ਹਾਂ ਵਿਚੋਂ ਇਕ ਕਲਪ-ਰੁੱਖ ਹੈ; ਇਸ ਦੇ ਹੇਠ ਜਾ ਕੇ ਜੋ ਮਨੋ-ਕਾਮਨਾ ਕਰੀਏ ਉਹ ਪੂਰੀ ਕਰਾ ਦੇਂਦਾ ਹੈ} । ਤਾਰੇ—ਤਾਰ ਲੈਂਦਾ ਹੈ, ਬੇੜਾ ਪਾਰ ਕਰ ਦੇਂਦਾ ਹੈ ।੧।

ਹਰਿ ਹਰੇ—ਹਰੀ ਹਰੀ ਹੀ, ਪ੍ਰਭੂ ਪ੍ਰਭੂ ਹੀ (ਜਪਦੇ ਹਨ) । ਹੋਹਿ ਨ—ਨਹੀਂ ਹੁੰਦੇ । ਆਨਾ—(ਪ੍ਰਭੂ ਤੋਂ) ਵੱਖਰੇ । ਪਛਾਨਾ—ਪਛਾਣ ਲਿਆ ਹੈ ।੨।

ਅਰਥ:- ਬਥੇਰੇ ਉਹ ਮਨੁੱਖ (ਜੀਵਨ-ਸਫ਼ਰ ਦੀ ਦੌੜ ਵਿਚ) ਪੁੱਗ ਗਏ ਹਨ ਜੋ ਦਿਨ ਰਾਤ ਕੇਵਲ ਪ੍ਰਭੂ ਦੇ ਨਾਮ ਵਿਚ ਸੁਚੇਤ ਰਹੇ ਹਨ, ਜਿਨ੍ਹਾਂ ਨੇ (ਨਾਮ ਵਿਚ ਹੀ) ਸੁਰਤ ਜੋੜੀ ਰੱਖੀ ਹੈ ।੧।ਰਹਾਉ।

(ਜੋਗ-) ਸਾਧਨ ਕਰਨ ਵਾਲੇ, (ਜੋਗ-ਸਾਧਨਾਂ ਵਿਚ) ਪੁੱਗੇ ਹੋਏ ਜੋਗੀ ਤੇ ਸਾਰੇ ਮੁਨੀ ਲੋਕ (ਸੰਸਾਰ-ਸਮੁੰਦਰ ਤੋਂ ਤਰਨ ਦੇ ਹੋਰ ਹੋਰ ਵਸੀਲੇ ਲੱਭ ਲੱਭ ਕੇ) ਥੱਕ ਗਏ ਹਨ; ਕੇਵਲ ਪ੍ਰਭੂ ਦਾ ਨਾਮ ਹੀ ਕਲਪ-ਰੁੱਖ ਹੈ ਜੋ (ਜੀਵਾਂ ਦਾ) ਬੇੜਾ ਪਾਰ ਕਰਦਾ ਹੈ ।੧।

ਕਬੀਰ ਆਖਦਾ ਹੈ—ਜੋ ਮਨੁੱਖ ਪ੍ਰਭੂ ਦਾ ਸਿਮਰਨ ਕਰਦੇ ਹਨ, ਉਹ ਪ੍ਰਭੂ ਤੋਂ ਵੱਖਰੇ ਨਹੀਂ ਰਹਿ ਜਾਂਦੇ, ਉਹਨਾਂ ਨੇ ਪ੍ਰਭੂ ਦੇ ਨਾਮ ਨੂੰ ਪਛਾਣ ਲਿਆ ਹੈ (ਨਾਮ ਨਾਲ ਡੂੰਘੀ ਸਾਂਝ ਪਾ ਲਈ ਹੈ) ।੨।੩੭।

ਸ਼ਬਦ ਦਾ ਭਾਵ:- ਪਰਮਾਤਮਾ ਦਾ ਨਾਮ ਜਪਣ ਵਾਲੇ ਬੰਦੇ ਪਰਮਾਤਮਾ ਦੇ ਨਾਲ ਇੱਕ-ਰੂਪ ਹੋ ਜਾਂਦੇ ਹਨ । ਪ੍ਰਭੂ ਦਾ ਨਾਮ ਹੀ ਮਨੁੱਖ ਨੂੰ ਵਾਸ਼ਨਾ ਤੋਂ ਬਚਾਉਂਦਾ ਹੈ, ਹੋਰ ਕੋਈ ਵਸੀਲਾ ਨਹੀਂ ਹੈ ।੩੭।

ਗਉੜੀ ਭੀ ਸੋਰਠਿ ਭੀ ॥ ਰੇ ਜੀਅ ਨਿਲਜ ਲਾਜ ਤੁੋਹਿ ਨਾਹੀ ॥ ਹਰਿ ਤਜਿ ਕਤ ਕਾਹੂ ਕੇ ਜਾਂਹੀ ॥੧॥ ਰਹਾਉ ॥ ਜਾ ਕੋ ਠਾਕੁਰੁ ਊਚਾ ਹੋਈ ॥ ਸੋ ਜਨੁ ਪਰ ਘਰ ਜਾਤ ਨ ਸੋਹੀ ॥੧॥ ਸੋ ਸਾਹਿਬੁ ਰਹਿਆ ਭਰਪੂਰਿ ॥ ਸਦਾ ਸੰਗਿ ਨਾਹੀ ਹਰਿ ਦੂਰਿ ॥੨॥ ਕਵਲਾ ਚਰਨ ਸਰਨ ਹੈ ਜਾ ਕੇ ॥ ਕਹੁ ਜਨ ਕਾ ਨਾਹੀ ਘਰ ਤਾ ਕੇ ॥੩॥ ਸਭੁ ਕੋਊ ਕਹੈ ਜਾਸੁ ਕੀ ਬਾਤਾ ॥ ਸੋ ਸੰਮ੍ਰਥੁ ਨਿਜ ਪਤਿ ਹੈ ਦਾਤਾ ॥੪॥ ਕਹੈ ਕਬੀਰੁ ਪੂਰਨ ਜਗ ਸੋਈ ॥ ਜਾ ਕੇ ਹਿਰਦੈ ਅਵਰੁ ਨ ਹੋਈ ॥੫॥੩੮॥ {ਪੰਨਾ 330}

ਨੋਟ:- ਇਹ ਸ਼ਬਦ ਗਉੜੀ ਰਾਗਨੀ ਵਿਚ ਭੀ ਗਾਉਣਾ ਹੈ ਤੇ ਸੋਰਠਿ ਰਾਗਨੀ ਵਿਚ ਭੀ ।

ਪਦਅਰਥ:- ਨਿਲਜ—ਬੇ-ਸ਼ਰਮ । ਤੁੋਹਿ—ਤੈਨੂੰ । ਤਜਿ—ਛੱਡ ਕੇ । ਕਤ—ਕਿੱਥੇ? ਕਾਹੂ ਕੇ—ਕਿਸ ਦੇ ਪਾਸ? ।੧।ਰਹਾਉ।

ਜਾ ਕੋ—ਜਿਸ ਦਾ । ਪਰ ਘਰ—ਪਰਾਏ ਘਰਾਂ ਵਿਚ । ਜਾਤ—ਜਾਂਦਾ । ਨ ਸੋਹੀ—ਨਹੀਂ ਸੋਭਦਾ ।੧।

ਭਰਪੂਰਿ—ਸਭ ਥਾਈਂ ਮੌਜੂਦ, ਵਿਆਪਕ ।੨।

ਕਵਲਾ—ਲੱਛਮੀ, ਮਾਇਆ । ਜਾ ਕੇ—ਜਿਸ (ਪ੍ਰਭੂ) ਦੇ । ਕਹੁ—ਦੱਸ, ਆਖ । ਜਨ—ਹੇ ਮਨੁੱਖ! ਕਾ ਨਾਹੀ—ਕਿਹੜੀ ਸ਼ੈ ਨਹੀਂ? ਤਾ ਕੇ—ਉਸ (ਪ੍ਰਭੂ) ਦੇ ।੩।

ਸਭੁ ਕੋਊ—ਹਰੇਕ ਜੀਵ । ਜਾਸੁ ਕੀ—ਜਿਸ (ਪ੍ਰਭੂ) ਦੀਆਂ । ਸੰਮ੍ਰਥੁ—ਸਮਰਥਾ ਵਾਲਾ, ਸੱਤਿਆ ਵਾਲਾ । ਨਿਜ ਪਤਿ—ਅਸਾਡਾ ਖਸਮ । ਦਾਤਾ—ਦੇਣ ਵਾਲਾ ।੪।

ਪੂਰਨ—ਭਰਿਆ ਹੋਇਆ, ਸਭ ਗੁਣਾਂ ਵਾਲਾ, ਜਿਸ ਵਿਚ ਕੋਈ ਊਣਤਾ ਨਾਹ ਹੋਵੇ । ਸੋਈ—ਉਹੀ ਮਨੁੱਖ । ਜਾ ਕੈ ਹਿਰਦੈ—ਜਿਸ ਮਨੁੱਖ ਦੇ ਹਿਰਦੇ ਵਿਚ । ਅਵਰੁ—(ਪ੍ਰਭੂ ਤੋਂ ਬਿਨਾ) ਕੋਈ ਹੋਰ ।੫।

ਨੋਟ:- ਪਹਿਲੀ ਹੀ ਤੁਕ ਦੇ ਲਫ਼ਜ਼ "ਤੁੋਹਿ" ਦੇ ਅੱਖਰ 'ਤ' ਨਾਲ ਦੋ ਲਗਾਂ ਵਰਤੀਆਂ ਗਈਆਂ ਹਨ (ੋ) ਅਤੇ (ੁ) । ਲਫ਼ਜ਼ ਦੀ ਅਸਲੀ ਲਗ (ੋ) ਹੈ, ਪਰ ਇੱਥੇ (ੁ) ਪੜ੍ਹਨਾ ਹੈ, ਭਾਵ, ਲਫ਼ਜ਼ 'ਤੋਹਿ' ਨੂੰ ਇੱਥੇ 'ਤੁਹਿ' ਪੜ੍ਹਨਾ ਹੈ ।

ਅਰਥ:- ਹੇ ਬੇਸ਼ਰਮ ਮਨ! ਤੈਨੂੰ ਸ਼ਰਮ ਨਹੀਂ ਆਉਂਦੀ? ਪ੍ਰਭੂ ਨੂੰ ਛੱਡ ਕੇ ਕਿੱਥੇ ਤੇ ਕਿਸ ਦੇ ਪਾਸ ਤੂੰ ਜਾਂਦਾ

ਹੈਂ? (ਭਾਵ, ਕਿਉਂ ਹੋਰ ਆਸਰੇ ਤੂੰ ਤੱਕਦਾ ਹੈਂ?) ।੧।ਰਹਾਉ।

ਜਿਸ ਮਨੁੱਖ ਦਾ ਮਾਲਕ ਵੱਡਾ ਹੋਵੇ, ਉਹ ਪਰਾਏ ਘਰੀਂ ਜਾਂਦਾ ਚੰਗਾ ਨਹੀਂ ਲੱਗਦਾ ।੧।

(ਹੇ ਮਨ!) ਉਹ ਮਾਲਕ ਪ੍ਰਭੂ ਸਭ ਥਾਈਂ ਮੌਜੂਦ ਹੈ, ਸਦਾ (ਤੇਰੇ) ਨਾਲ ਹੈ, (ਤੈਥੋਂ) ਦੂਰ ਨਹੀਂ ਹੈ ।੨।

ਲੱਛਮੀ (ਭੀ) ਜਿਸ ਦੇ ਚਰਨਾਂ ਦਾ ਆਸਰਾ ਲਈ ਬੈਠੀ ਹੈ, ਹੇ ਭਾਈ! ਦੱਸ, ਉਸ ਪ੍ਰਭੂ ਦੇ ਘਰ ਕਿਸ ਸ਼ੈ ਦੀ ਕਮੀ ਹੈ? ।੩।

ਜਿਸ ਪ੍ਰਭੂ ਦੀਆਂ (ਵਡਿਆਈਆਂ ਦੀਆਂ) ਗੱਲਾਂ ਹਰੇਕ ਜੀਵ ਕਰ ਰਿਹਾ ਹੈ, ਉਹ ਪ੍ਰਭੂ ਸਭ ਤਾਕਤਾਂ ਦਾ ਮਾਲਕ ਹੈ, ਉਹ ਸਾਡਾ (ਸਭਨਾਂ ਦਾ) ਖਸਮ ਹੈ ਤੇ ਸਭ ਪਦਾਰਥ ਦੇਣ ਵਾਲਾ ਹੈ ।੪।

ਕਬੀਰ ਆਖਦਾ ਹੈ—ਸੰਸਾਰ ਵਿਚ ਕੇਵਲ ਉਹੀ ਮਨੁੱਖ ਗੁਣਾਂ ਵਾਲਾ ਹੈ ਜਿਸ ਦੇ ਹਿਰਦੇ ਵਿਚ (ਪ੍ਰਭੂ ਤੋਂ ਬਿਨਾ) ਕੋਈ ਹੋਰ (ਦਾਤਾ ਜਚਦਾ) ਨਹੀਂ ।੫।੩੮।

ਸ਼ਬਦ ਦਾ ਭਾਵ:- ਪ੍ਰਭੂ ਸਭ ਜੀਵਾਂ ਨੂੰ ਪਾਲਣ ਵਾਲਾ ਹੈ, ਹਰੇਕ ਦੇ ਅੰਗ-ਸੰਗ ਹੈ, ਉਸ ਦੇ ਘਰ ਵਿਚ ਕੋਈ ਕਮੀ ਨਹੀਂ । ਉਸ ਨੂੰ ਵਿਸਾਰ ਕੇ ਕੋਈ ਹੋਰ ਆਸਰਾ ਤੱਕਣਾ ਬੜੀ ਹਾਣਤ ਵਾਲੀ ਗੱਲ ਹੈ ।੩੮।

ਕਉਨੁ ਕੋ ਪੂਤੁ ਪਿਤਾ ਕੋ ਕਾ ਕੋ ॥ ਕਉਨੁ ਮਰੈ ਕੋ ਦੇਇ ਸੰਤਾਪੋ ॥੧॥ ਹਰਿ ਠਗ ਜਗ ਕਉ ਠਗਉਰੀ ਲਾਈ ॥ ਹਰਿ ਕੇ ਬਿਓਗ ਕੈਸੇ ਜੀਅਉ ਮੇਰੀ ਮਾਈ ॥੧॥ ਰਹਾਉ ॥ ਕਉਨ ਕੋ ਪੁਰਖੁ ਕਉਨ ਕੀ ਨਾਰੀ ॥ ਇਆ ਤਤ ਲੇਹੁ ਸਰੀਰ ਬਿਚਾਰੀ ॥੨॥ ਕਹਿ ਕਬੀਰ ਠਗ ਸਿਉ ਮਨੁ ਮਾਨਿਆ ॥ ਗਈ ਠਗਉਰੀ ਠਗੁ ਪਹਿਚਾਨਿਆ ॥੩॥੩੯॥ {ਪੰਨਾ 331}

ਪਦਅਰਥ:- ਕਉਨ ਕੋ—ਕਿਸ ਦਾ? ਕਾ ਕੋ—ਕਿਸ ਦਾ? ਕੋ—ਕੌਣ? ਦੇਇ—ਦੇਂਦਾ ਹੈ । ਸੰਤਾਪੋ—ਕਲੇਸ਼ ।੧।

ਕਉ—ਨੂੰ । ਠਗਉਰੀ—ਠਗ-ਮੂਰੀ, ਠਗ-ਬੂਟੀ, ਧਤੂਰਾ ਆਦਿਕ, ਉਹ ਬੂਟੀ ਜੋ ਠੱਗ ਲੋਕ ਵਰਤਦੇ ਹਨ ਕਿਸੇ ਨੂੰ ਠੱਗਣ ਲਈ । ਬਿਓਗ—ਵਿਛੋੜਾ । ਜੀਅਉ—ਮੈਂ ਜੀਵਾਂ । ਮੇਰੀ ਮਾਈ—ਹੇ ਮੇਰੀ ਮਾਂ! ।੧।ਰਹਾਉ।

ਪੁਰਖੁ—ਮਨੁੱਖ, ਮਰਦ, ਖਸਮ । ਨਾਰੀ—ਇਸਤ੍ਰੀ, ਵਹੁਟੀ । ਇਆ—ਇਸ ਦਾ । ਇਆ ਤਤ—ਇਸ ਅਸਲੀਅਤ ਦਾ । ਸਰੀਰ—ਮਨੁੱਖਾ ਜਨਮ ।੨।

ਕਹਿ—ਕਹੈ, ਆਖਦਾ ਹੈ । ਮਾਨਿਆ—ਮੰਨ ਗਿਆ, ਪਤੀਜ ਗਿਆ, ਇਕ-ਮਿਕ ਹੋ ਗਿਆ ।੩।

ਅਰਥ:- ਕਿਸ ਦਾ ਕੋਈ ਪੁੱਤਰ ਹੈ? ਕਿਸ ਦਾ ਕੋਈ ਪਿਉ ਹੈ? (ਭਾਵ, ਪਿਉ ਤੇ ਪੁੱਤਰ ਵਾਲਾ ਸਾਕ ਸਦਾ ਕਾਇਮ ਰਹਿਣ ਵਾਲਾ ਨਹੀਂ ਹੈ, ਪ੍ਰਭੂ ਨੇ ਇਕ ਖੇਡ ਰਚੀ ਹੋਈ ਹੈ) । ਕੌਣ ਮਰਦਾ ਹੈ ਤੇ ਕੌਣ (ਇਸ ਮੌਤ ਦੇ ਕਾਰਨ ਪਿਛਲਿਆਂ ਨੂੰ) ਕਲੇਸ਼ ਦੇਂਦਾ ਹੈ? (ਭਾਵ, ਨਾ ਹੀ ਕੋਈ ਕਿਸੇ ਦਾ ਮਰਦਾ ਹੈ ਅਤੇ ਨਾਹ ਹੀ ਇਸ ਤਰ੍ਹਾਂ ਪਿਛਲਿਆਂ ਨੂੰ ਕਲੇਸ਼ ਦੇਂਦਾ ਹੈ, ਸੰਜੋਗਾਂ ਅਨੁਸਾਰ ਚਾਰ ਦਿਨਾਂ ਦਾ ਮੇਲਾ ਹੈ) ।੧।

ਪ੍ਰਭੂ-ਠੱਗ ਨੇ ਜਗਤ (ਦੇ ਜੀਵਾਂ) ਨੂੰ ਮੋਹ-ਰੂਪ ਠਗ-ਬੂਟੀ ਲਾਈ ਹੋਈ ਹੈ (ਜਿਸ ਕਰਕੇ ਜੀਵ ਸੰਬੰਧੀਆਂ ਦਾ ਮੋਹ ਰੱਖ ਕੇ ਤੇ ਪ੍ਰਭੂ ਨੂੰ ਭੁਲਾ ਕੇ ਕਲੇਸ਼ ਪਾ ਰਹੇ ਹਨ), ਪਰ ਹੇ ਮੇਰੀ ਮਾਂ! (ਮੈਂ ਇਸ ਠਗ-ਬੂਟੀ ਵਿਚ ਨਹੀਂ

ਫਸਿਆ, ਕਿਉਂਕਿ) ਮੈਂ ਪ੍ਰਭੂ ਤੋਂ ਵਿੱਛੜ ਕੇ ਜੀਊਂ ਹੀ ਨਹੀਂ ਸਕਦਾ ।੧।ਰਹਾਉ।

ਕਿਸ (ਇਸਤ੍ਰੀ) ਦਾ ਕੋਈ ਖਸਮ? ਕਿਸ (ਖਸਮ) ਦੀ ਕੋਈ ਵਹੁਟੀ? (ਭਾਵ, ਇਹ ਇਸਤ੍ਰੀ ਪਤੀ ਵਾਲਾ ਸਾਕ ਭੀ ਜਗਤ ਵਿਚ ਸਦਾ-ਥਿਰ ਰਹਿਣ ਵਾਲਾ ਨਹੀਂ, ਇਹ ਖੇਡ ਆਖ਼ਿਰ ਮੁੱਕ ਜਾਂਦੀ ਹੈ)—ਇਸ ਅਸਲੀਅਤ ਨੂੰ (ਹੇ ਭਾਈ!) ਇਸ ਮਨੁੱਖਾ ਸਰੀਰ ਵਿਚ ਹੀ ਸਮਝੋ (ਭਾਵ, ਇਹ ਮਨੁੱਖਾ ਜਨਮ ਹੀ ਮੌਕਾ ਹੈ, ਜਦੋਂ ਇਹ ਅਸਲੀਅਤ ਸਮਝੀ ਜਾ ਸਕਦੀ ਹੈ) ।੨।

ਕਬੀਰ ਆਖਦਾ ਹੈ—ਜਿਸ ਜੀਵ ਦਾ ਮਨ (ਮੋਹ-ਰੂਪ ਠਗਬੂਟੀ ਬਨਾਣ ਵਾਲੇ ਪ੍ਰਭੂ-) ਠੱਗ ਨਾਲ ਇਕ-ਮਿਕ ਹੋ ਗਿਆ ਹੈ, (ਉਸ ਵਾਸਤੇ) ਠਗ-ਬੂਟੀ ਮੁੱਕ ਗਈ (ਸਮਝੋ), ਕਿਉਂਕਿ ਉਸ ਨੇ ਮੋਹ ਦੇ ਪੈਦਾ ਕਰਨ ਵਾਲੇ ਨਾਲ ਸਾਂਝ ਪਾ ਲਈ ਹੈ ।੩।੩੯।

ਸ਼ਬਦ ਦਾ ਭਾਵ:- ਪਰਮਾਤਮਾ ਨੇ ਆਪ ਇਹ ਮਾਇਆ ਦਾ ਮੋਹ ਬਣਾਇਆ ਹੈ । ਸਾਰੇ ਜੀਵ ਇਸ ਪਿਉ-ਪੁੱਤਰ ਤੇ ਖ਼ਸਮ-ਵਹੁਟੀ ਆਦਿਕ ਵਾਲੇ ਸੰਬੰਧ ਦੇ ਮੋਹ ਵਿਚ ਫਸ ਕੇ ਪਰਮਾਤਮਾ ਨੂੰ ਭੁਲਾ ਕੇ ਦੁਖੀ ਹੁੰਦੇ ਰਹਿੰਦੇ ਹਨ, ਪਰ ਜੋ ਮਨੁੱਖ ਪ੍ਰਭੂ ਦੇ ਚਰਨਾਂ ਵਿਚ ਜੁੜਦਾ ਹੈ, ਉਸ ਨੂੰ ਇਹ ਮੋਹ ਨਹੀਂ ਵਿਆਪਦਾ ।੩੯।

ਅਬ ਮੋ ਕਉ ਭਏ ਰਾਜਾ ਰਾਮ ਸਹਾਈ ॥ ਜਨਮ ਮਰਨ ਕਟਿ ਪਰਮ ਗਤਿ ਪਾਈ ॥੧॥ ਰਹਾਉ ॥ ਸਾਧੂ ਸੰਗਤਿ ਦੀਓ ਰਲਾਇ ॥ ਪੰਚ ਦੂਤ ਤੇ ਲੀਓ ਛਡਾਇ ॥ ਅੰਮ੍ਰਿਤ ਨਾਮੁ ਜਪਉ ਜਪੁ ਰਸਨਾ ॥ ਅਮੋਲ ਦਾਸੁ ਕਰਿ ਲੀਨੋ ਅਪਨਾ ॥੧॥ ਸਤਿਗੁਰ ਕੀਨੋ ਪਰਉਪਕਾਰੁ ॥ ਕਾਢਿ ਲੀਨ ਸਾਗਰ ਸੰਸਾਰ ॥ ਚਰਨ ਕਮਲ ਸਿਉ ਲਾਗੀ ਪ੍ਰੀਤਿ ॥ ਗੋਬਿੰਦੁ ਬਸੈ ਨਿਤਾ ਨਿਤ ਚੀਤ ॥੨॥ ਮਾਇਆ ਤਪਤਿ ਬੁਝਿਆ ਅੰਗਿਆਰੁ ॥ ਮਨਿ ਸੰਤੋਖੁ ਨਾਮੁ ਆਧਾਰੁ ॥ ਜਲਿ ਥਲਿ ਪੂਰਿ ਰਹੇ ਪ੍ਰਭ ਸੁਆਮੀ ॥ ਜਤ ਪੇਖਉ ਤਤ ਅੰਤਰਜਾਮੀ ॥੩॥ ਅਪਨੀ ਭਗਤਿ ਆਪ ਹੀ ਦ੍ਰਿੜਾਈ ॥ ਪੂਰਬ ਲਿਖਤੁ ਮਿਲਿਆ ਮੇਰੇ ਭਾਈ ॥ ਜਿਸੁ ਕ੍ਰਿਪਾ ਕਰੇ ਤਿਸੁ ਪੂਰਨ ਸਾਜ ॥ ਕਬੀਰ ਕੋ ਸੁਆਮੀ ਗਰੀਬ ਨਿਵਾਜ ॥੪॥੪੦॥ {ਪੰਨਾ 331}

ਪਦਅਰਥ:- ਮੋ ਕਉ—ਮੈਨੂੰ, ਮੇਰੇ ਵਾਸਤੇ । ਰਾਜਾ—ਪ੍ਰਕਾਸ਼ ਰੂਪ, ਹਰ ਥਾਂ ਚਾਨਣ ਕਰਨ ਵਾਲਾ । ਸਹਾਈ—ਮਦਦਗਾਰ । ਕਟਿ—ਦੂਰ ਕਰ ਕੇ । ਪਰਮ ਗਤਿ—ਸਭ ਤੋਂ ਉੱਚੀ ਆਤਮਕ ਅਵਸਥਾ । ਪਾਈ—ਹਾਸਲ ਕਰ ਲਈ ਹੈ ।੧।ਰਹਾਉ।

ਪੰਚ ਦੂਤ—(ਕਾਮ ਆਦਿਕ) ਪੰਜ ਵੈਰੀ । ਤੇ—ਤੋਂ । ਰਸਨਾ—ਜੀਭ (ਨਾਲ) । ਜਪਉ—ਮੈਂ ਜਪਦਾ ਹਾਂ । ਅਮੋਲ—{ਅ-ਮੋਲ} ਮੁੱਲ ਦੇਣ ਤੋਂ ਬਿਨਾ, ਬਿਨਾ ਦੰਮਾਂ ਦੇ ।੧।

ਸਾਗਰ—ਸਮੁੰਦਰ । ਚਰਨ ਕਮਲ—ਕੌਲ ਫੁੱਲਾਂ ਵਰਗੇ ਸੋਹਣੇ ਚਰਨ । ਨਿਤਾ ਨਿਤ—ਹਰ ਵੇਲੇ ।੨।

ਤਪਤਿ—ਤਪਸ਼, ਸੜਨ । ਮਨਿ—ਮਨ ਵਿਚ । ਆਧਾਰੁ—ਆਸਰਾ । ਜਲਿ—ਜਲ ਵਿਚ । ਥਲਿ—ਧਰਤੀ ਤੇ । ਪੂਰਿ ਰਹੇ—ਹਰ ਥਾਂ ਮੌਜੂਦ ਹਨ । ਜਤ—ਜਿੱਧਰ । ਪੇਖਉ—ਮੈਂ ਵੇਖਦਾ ਹਾਂ । ਤਤ—ਓਧਰ ਹੀ ।੩।

ਦ੍ਰਿੜਾਈ—ਦ੍ਰਿੜ੍ਹ ਕਰਾਈ ਹੈ, ਪੱਕੀ ਕੀਤੀ ਹੈ । ਪੂਰਬ ਲਿਖਤ—ਪਿਛਲੇ ਜਨਮਾਂ ਦੇ ਕੀਤੇ ਕਰਮਾਂ ਦਾ ਲੇਖਾ । ਮੇਰੇ ਭਾਈ—ਹੇ ਪਿਆਰੇ ਵੀਰ! ਸਾਜ—ਬਣਤਰ, ਸਬੱਬ । ਕੋ—ਦਾ ।੪।

ਅਰਥ:- ਹਰ ਥਾਂ ਚਾਨਣ ਕਰਨ ਵਾਲੇ ਪ੍ਰਭੂ ਜੀ ਹੁਣ ਮੇਰੇ ਮਦਦਗਾਰ ਬਣ ਗਏ ਹਨ, (ਤਾਹੀਏਂ) ਮੈਂ ਜਨਮ

ਮਰਨ ਦੀ (ਬੇੜੀ) ਕੱਟ ਕੇ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰ ਲਈ ਹੈ ।੧।ਰਹਾਉ।

(ਪ੍ਰਭੂ ਨੇ) ਮੈਨੂੰ ਸਤਸੰਗ ਵਿਚ ਰਲਾ ਦਿੱਤਾ ਹੈ ਤੇ (ਕਾਮ ਆਦਿਕ) ਪੰਜ ਵੈਰੀਆਂ ਤੋਂ ਉਸ ਨੇ ਮੈਨੂੰ ਬਚਾ ਲਿਆ ਹੈ, ਹੁਣ ਮੈਂ ਜੀਭ ਨਾਲ ਉਸ ਦਾ ਅਮਰ ਕਰਨ ਵਾਲਾ ਨਾਮ-ਰੂਪ ਜਾਪ ਜਪਦਾ ਹਾਂ । ਮੈਨੂੰ ਤਾਂ ਉਸ ਨੇ ਬਿਨਾ ਦੰਮਾਂ ਦੇ ਆਪਣਾ ਗੋੱਲਾ ਬਣਾ ਲਿਆ ਹੈ ।੧।

ਸਤਿਗੁਰੂ ਨੇ (ਮੇਰੇ ਉਤੇ) ਬੜੀ ਮਿਹਰ ਕੀਤੀ ਹੈ, ਮੈਨੂੰ ਉਸ ਨੇ ਸੰਸਾਰ-ਸਮੁੰਦਰ ਵਿਚੋਂ ਕੱਢ ਲਿਆ ਹੈ, ਮੇਰੀ ਹੁਣ ਪ੍ਰਭੂ ਦੇ ਸੋਹਣੇ ਚਰਨਾਂ ਨਾਲ ਪ੍ਰੀਤ ਬਣ ਗਈ ਹੈ, ਪ੍ਰਭੂ ਹਰ ਵੇਲੇ ਮੇਰੇ ਚਿੱਤ ਵਿਚ ਵੱਸ ਰਿਹਾ ਹੈ ।੨।

(ਮੇਰੇ ਅੰਦਰੋਂ) ਮਾਇਆ ਵਾਲੀ ਸੜਨ ਮਿਟ ਗਈ ਹੈ, ਮਾਇਆ ਦਾ ਬਦਲਾ ਭਾਂਬੜ ਬੁੱਝ ਗਿਆ ਹੈ; (ਹੁਣ) ਮੇਰੇ ਮਨ ਵਿਚ ਸੰਤੋਖ ਹੈ, (ਪ੍ਰਭੂ ਦਾ) ਨਾਮ (ਮਾਇਆ ਦੇ ਥਾਂ ਮੇਰੇ ਮਨ ਦਾ) ਆਸਰਾ ਬਣ ਗਿਆ ਹੈ । ਪਾਣੀ ਵਿਚ, ਧਰਤੀ ਤੇ, ਹਰ ਥਾਂ ਪ੍ਰਭੂ-ਖਸਮ ਜੀ ਵੱਸ ਰਹੇ (ਜਾਪਦੇ) ਹਨ; ਮੈਂ ਜਿੱਧਰ ਤੱਕਦਾ ਹਾਂ, ਓਧਰ ਘਟ ਘਟ ਦੀ ਜਾਣਨ ਵਾਲਾ ਪ੍ਰਭੂ ਹੀ (ਦਿੱਸਦਾ) ਹੈ ।੩।

ਪ੍ਰਭੂ ਨੇ ਆਪ ਹੀ ਆਪਣੀ ਭਗਤੀ ਮੇਰੇ ਹਿਰਦੇ ਵਿਚ ਪੱਕੀ ਕੀਤੀ ਹੈ । ਹੇ ਪਿਆਰੇ ਵੀਰ! (ਮੈਨੂੰ ਤਾਂ) ਪਿਛਲੇ ਜਨਮਾਂ ਦੇ ਕੀਤੇ ਕਰਮਾਂ ਦਾ ਲੇਖ ਮਿਲ ਪਿਆ ਹੈ (ਮੇਰੇ ਤਾਂ ਭਾਗ ਜਾਗ ਪਏ ਹਨ) । ਜਿਸ (ਭੀ ਜੀਵ) ਉੱਤੇ ਮਿਹਰ ਕਰਦਾ ਹੈ, ਉਸ ਲਈ (ਅਜਿਹਾ) ਸੋਹਣਾ ਸਬੱਬ ਬਣਾ ਦੇਂਦਾ ਹੈ । ਕਬੀਰ ਦਾ ਖਸਮ-ਪ੍ਰਭੂ ਗ਼ਰੀਬਾਂ ਨੂੰ ਨਿਵਾਜਣ ਵਾਲਾ ਹੈ ।੪।੪੦।

ਸ਼ਬਦ ਦਾ ਭਾਵ:- ਜਿਸ ਜੀਵ ਤੇ ਪ੍ਰਭੂ ਮਿਹਰ ਕਰਦਾ ਹੈ, ਉਸ ਨੂੰ ਆਪਣੀ ਭਗਤੀ ਵਿਚ ਜੋੜਦਾ ਹੈ, ਜਿਸ ਦੀ ਬਰਕਤਿ ਨਾਲ ਉਸ ਦੇ ਅੰਦਰੋਂ ਮਾਇਆ ਵਾਲੀ ਤਪਸ਼ ਮਿਟ ਜਾਂਦੀ ਹੈ ਉਸ ਨੂੰ ਹਰ ਥਾਂ ਪ੍ਰਭੂ ਹੀ ਪ੍ਰਭੂ ਨਜ਼ਰ ਆਉਂਦਾ ਹੈ ।੪੦।

ਜਲਿ ਹੈ ਸੂਤਕੁ ਥਲਿ ਹੈ ਸੂਤਕੁ ਸੂਤਕ ਓਪਤਿ ਹੋਈ ॥ ਜਨਮੇ ਸੂਤਕੁ ਮੂਏ ਫੁਨਿ ਸੂਤਕੁ ਸੂਤਕ ਪਰਜ ਬਿਗੋਈ ॥੧॥ ਕਹੁ ਰੇ ਪੰਡੀਆ ਕਉਨ ਪਵੀਤਾ ॥ ਐਸਾ ਗਿਆਨੁ ਜਪਹੁ ਮੇਰੇ ਮੀਤਾ ॥੧॥ ਰਹਾਉ ॥ ਨੈਨਹੁ ਸੂਤਕੁ ਬੈਨਹੁ ਸੂਤਕੁ ਸੂਤਕੁ ਸ੍ਰਵਨੀ ਹੋਈ ॥ ਊਠਤ ਬੈਠਤ ਸੂਤਕੁ ਲਾਗੈ ਸੂਤਕੁ ਪਰੈ ਰਸੋਈ ॥੨॥ ਫਾਸਨ ਕੀ ਬਿਧਿ ਸਭੁ ਕੋਊ ਜਾਨੈ ਛੂਟਨ ਕੀ ਇਕੁ ਕੋਈ ॥ ਕਹਿ ਕਬੀਰ ਰਾਮੁ ਰਿਦੈ ਬਿਚਾਰੈ ਸੂਤਕੁ ਤਿਨੈ ਨ ਹੋਈ ॥੩॥੪੧॥ {ਪੰਨਾ 331}

ਪਦਅਰਥ:- ਜਲਿ—ਪਾਣੀ ਵਿਚ । ਸੂਤਕੁ—{ਸੂਤ—ਕੁ । ਸੂਤ—ਜੰਮਿਆ ਹੋਇਆ । ਸੂਤਕ—ਜੰਮਣ ਨਾਲ ਸੰਬੰਧ ਰੱਖਣ ਵਾਲੀ ਅਪਵਿੱਤ੍ਰਤਾ । ਜਦੋਂ ਕਿਸੇ ਹਿੰਦੂ-ਘਰ ਵਿਚ ਕੋਈ ਬਾਲ ਜੰਮ ਪਏ ਤਾਂ ੧੩ ਦਿਨ ਉਹ ਘਰ ਅਪਵਿੱਤ੍ਰ ਮੰਨਿਆ ਜਾਂਦਾ ਹੈ, ਬ੍ਰਾਹਮਣ ਇਹਨਾਂ ੧੩ ਦਿਨਾਂ ਵਾਸਤੇ ਉਸ ਘਰ ਵਿਚ ਰੋਟੀ ਨਹੀਂ ਖਾਂਦੇ । ਇਸੇ ਤਰ੍ਹਾਂ ਕਿਸੇ ਪ੍ਰਾਣੀ ਦੇ ਮਰਨ ਤੇ ਭੀ 'ਕ੍ਰਿਆ-ਕਰਮ' ਦੇ ਦਿਨ ਤਕ ਉਹ ਘਰ ਅਪਵਿੱਤ੍ਰ ਰਹਿੰਦਾ ਹੈ} ਅਪਵਿੱਤ੍ਰਤਾ, ਭਿੱਟ । ਫੁਨਿ—ਫਿਰ, ਭੀ । ਪਰਜ—ਪਰਜਾ, ਲੁਕਾਈ, ਦੁਨੀਆ । ਬਿਗੋਈ—ਵਿਗੁੱਚ ਰਹੀ ਹੈ, ਖ਼ੁਆਰ ਹੋ ਰਹੀ ਹੈ । ਓਪਤਿ—ਪੈਦਾਇਸ਼, ਉਤਪੱਤੀ ।੧।

ਰੇ ਪੰਡੀਆ—ਹੇ ਪੰਡਿਤ! ਗਿਆਨੁ—ਵਿਚਾਰ । ਜਪਹੁ—ਦ੍ਰਿੜ੍ਹ ਕਰੋ, ਗਹੁ ਨਾਲ ਸੋਚੋ ।੧।ਰਹਾਉ।

ਨੈਨਹੁ—ਅੱਖਾਂ ਵਿਚ । ਬੈਨਹੁ—ਬਚਨਾਂ ਵਿਚ । ਸ੍ਰਵਨੀ—ਕੰਨਾਂ ਵਿਚ । ਪਰੈ—ਪੈਂਦੀ ਹੈ । ਰਸੋਈ—ਰੋਟੀ ਪਕਾਣ ਵਾਲੇ ਕਮਰੇ ਵਿਚ ।੨।

ਬਿਧਿ—ਤਰੀਕਾ, ਵਿਓਂਤ । ਸਭੁ ਕੋਊ—ਹਰੇਕ ਜੀਵ । ਇਕੁ ਕੋਈ—ਕੋਈ ਇਕ, ਕੋਈ ਵਿਰਲਾ । ਤਿਨੈ—ਉਹਨਾਂ ਮਨੁੱਖਾਂ ਨੂੰ ।੩।

ਅਰਥ:- (ਜੇ ਜੀਵਾਂ ਦੇ ਜੰਮਣ ਤੇ ਮਰਨ ਨਾਲ ਸੂਤਕ-ਪਾਤਕ ਦੀ ਭਿੱਟ ਪੈਦਾ ਹੋ ਜਾਂਦੀ ਹੈ ਤਾਂ) ਪਾਣੀ ਵਿਚ ਸੂਤਕ ਹੈ, ਧਰਤੀ ਉਤੇ ਸੂਤਕ ਹੈ, (ਹਰ ਥਾਂ) ਸੂਤਕ ਦੀ ਉਤਪੱਤੀ ਹੈ (ਭਾਵ, ਹਰ ਥਾਂ ਭਿੱਟਿਆ ਹੋਇਆ ਹੈ, ਕਿਉਂਕਿ) ਕਿਸੇ ਜੀਵ ਦੇ ਜੰਮਣ ਤੇ ਸੂਤਕ (ਪੈ ਜਾਂਦਾ ਹੈ) ਫਿਰ ਮਰਨ ਤੇ ਭੀ ਸੂਤਕ (ਆ ਪੈਂਦਾ ਹੈ); (ਇਸ) ਭਿੱਟ (ਤੇ ਭਰਮ) ਵਿਚ ਦੁਨੀਆ ਖ਼ੁਆਰ ਹੋ ਰਹੀ ਹੈ ।੧।

(ਤਾਂ ਫਿਰ) ਹੇ ਪਿਆਰੇ ਮਿੱਤਰ! ਇਸ ਗੱਲ ਨੂੰ ਗਹੁ ਨਾਲ ਵਿਚਾਰ ਤੇ ਦੱਸ, ਹੇ ਪੰਡਿਤ! (ਜਦੋਂ ਹਰ ਥਾਂ ਸੂਤਕ ਪੈ ਰਿਹਾ ਹੈ) ਸੁੱਚਾ ਕੌਣ (ਹੋ ਸਕਦਾ) ਹੈ? ।੧।ਰਹਾਉ।

(ਨਿਰੇ ਇਹਨੀਂ ਅੱਖੀਂ ਦਿੱਸਦੇ ਜੀਵ ਹੀ ਨਹੀਂ ਜੰਮਦੇ ਮਰਦੇ, ਸਾਡੇ ਬੋਲਣ ਚਾਲਣ ਆਦਿਕ ਹਰਕਤਾਂ ਨਾਲ ਕਈ ਸੂਖਮ ਜੀਵ ਮਰ ਰਹੇ ਹਨ, ਤਾਂ ਫਿਰ) ਅੱਖਾਂ ਵਿਚ ਸੂਤਕ ਹੈ, ਬੋਲਣ (ਭਾਵ, ਜੀਭ) ਵਿਚ ਸੂਤਕ ਹੈ, ਕੰਨਾਂ ਵਿਚ ਭੀ ਸੂਤਕ ਹੈ, ਉਠਦਿਆਂ ਬੈਠਦਿਆਂ ਹਰ ਵੇਲੇ (ਸਾਨੂੰ) ਸੂਤਕ ਪੈ ਰਿਹਾ ਹੈ, (ਸਾਡੀ) ਰਸੋਈ ਵਿਚ ਭੀ ਸੂਤਕ ਹੈ ।੨।

ਨੋਟ:- ਇਸ 'ਬੰਦ' ਵਿਚ ਪਰਾਏ ਰੂਪ, ਨਿੰਦਾ ਆਦਿਕ ਦੇ ਸੂਤਕ ਦਾ ਜ਼ਿਕਰ ਨਹੀਂ ਹੈ, ਕਿਉਂਕਿ ਅਖ਼ੀਰ ਵਿਚ 'ਰਸੋਈ' ਦਾ ਸੂਤਕ ਭੀ ਦੱਸਿਆ ਗਿਆ ਹੈ; ਸੋ, ਸਥੂਲ ਤੇ ਸੂਖਮ ਜੀਵਾਂ ਦੇ ਸੂਤਕ ਦਾ ਜ਼ਿਕਰ ਹੀ ਪ੍ਰਤੀਤ ਹੁੰਦਾ ਹੈ ।

(ਜਿੱਧਰ ਵੇਖੋ) ਹਰੇਕ ਜੀਵ (ਸੂਤਕ ਦੇ ਭਰਮਾਂ ਵਿਚ) ਫਸਣ ਦਾ ਹੀ ਢੰਗ ਜਾਣਦਾ ਹੈ, (ਇਹਨਾਂ ਵਿਚੋਂ) ਖ਼ਲਾਸੀ ਕਰਾਣ ਦੀ ਸਮਝ ਕਿਸੇ ਵਿਰਲੇ ਨੂੰ ਹੈ । ਕਬੀਰ ਆਖਦਾ ਹੈ—ਜੋ ਜੋ ਮਨੁੱਖ (ਆਪਣੇ) ਹਿਰਦੇ ਵਿਚ ਪ੍ਰਭੂ ਨੂੰ ਸਿਮਰਦਾ ਹੈ, ਉਹਨਾਂ ਨੂੰ (ਇਹ) ਭਿੱਟ ਨਹੀਂ ਲੱਗਦੀ ।੩।੪੧।

ਸ਼ਬਦ ਦਾ ਭਾਵ:- ਜੇ ਜੀਵਾਂ ਦੇ ਜੰਮਣ ਮਰਨ ਨਾਲ ਘਰ ਭਿੱਟੇ ਜਾਣ ਤਾਂ ਜਗਤ ਵਿਚ ਸੁੱਚਾ ਕੋਈ ਭੀ ਥਾਂ ਨਹੀਂ ਹੋ ਸਕਦਾ, ਕਿਉਂਕਿ ਹਰ ਵੇਲੇ ਹਰ ਥਾਂ ਜਨਮ ਮਰਨ ਦਾ ਸਿਲਸਿਲਾ ਜਾਰੀ ਹੈ । ਜੋ ਮਨੁੱਖ ਪ੍ਰਭੂ ਦਾ ਭਜਨ ਕਰਦਾ ਹੈ, ਉਸ ਨੂੰ ਸੂਤਕ ਦਾ ਭਰਮ ਨਹੀਂ ਰਹਿੰਦਾ ।੪੧।

ਗਉੜੀ ॥ ਝਗਰਾ ਏਕੁ ਨਿਬੇਰਹੁ ਰਾਮ ॥ ਜਉ ਤੁਮ ਅਪਨੇ ਜਨ ਸੌ ਕਾਮੁ ॥੧॥ ਰਹਾਉ ॥ ਇਹੁ ਮਨੁ ਬਡਾ ਕਿ ਜਾ ਸਉ ਮਨੁ ਮਾਨਿਆ ॥ ਰਾਮੁ ਬਡਾ ਕੈ ਰਾਮਹਿ ਜਾਨਿਆ ॥੧॥ ਬ੍ਰਹਮਾ ਬਡਾ ਕਿ ਜਾਸੁ ਉਪਾਇਆ ॥ ਬੇਦੁ ਬਡਾ ਕਿ ਜਹਾਂ ਤੇ ਆਇਆ ॥੨॥ ਕਹਿ ਕਬੀਰ ਹਉ ਭਇਆ ਉਦਾਸੁ ॥ ਤੀਰਥੁ ਬਡਾ ਕਿ ਹਰਿ ਕਾ ਦਾਸੁ ॥੩॥੪੨॥ {ਪੰਨਾ 331}

ਪਦਅਰਥ:- ਝਗਰਾ—ਮਨ ਵਿਚ ਪੈ ਰਿਹਾ ਝਗੜਾ, ਸ਼ੰਕਾ । ਰਾਮ—ਹੇ ਪ੍ਰਭੂ! ਜਉ—ਜੇ । ਜਨ—ਸੇਵਕ । ਸੌ—ਨਾਲ । ਕਾਮੁ—ਕੰਮ ।੧।ਰਹਾਉ।

ਬਡਾ—ਵੱਡਾ, ਸਤਕਾਰ-ਜੋਗ । ਕਿ—ਜਾਂ । ਜਾ ਸਉ—ਜਿਸ (ਪ੍ਰਭੂ) ਨਾਲ । ਮਾਨਿਆ—ਮੰਨ ਗਿਆ ਹੈ, ਪਤੀਜ ਗਿਆ ਹੈ, ਟਿਕ ਗਿਆ ਹੈ । ਰਾਮੁ—ਪ੍ਰਭੂ । ਰਾਮਹਿ—ਪ੍ਰਭੂ ਨੂੰ । ਜਾਨਿਆ—(ਜਿਸ ਨੇ) ਪਛਾਣ ਲਿਆ ਹੈ । ਕੈ—ਜਾਂ ।੧।

ਬ੍ਰਹਮਾ—ਬ੍ਰਹਮਾ ਆਦਿਕ ਦੇਵਤੇ । ਜਾਸੁ—(X̂0X) ਜਿਸ ਦਾ । ਉਪਾਇਆ—ਪੈਦਾ ਕੀਤਾ ਹੋਇਆ ।੨।

ਕਹਿ—ਕਹੈ, ਆਖਦਾ ਹੈ । ਹਉ—ਮੈਂ । ਉਦਾਸੁ—ਦੁਚਿੱਤਾ (undecided) । ਕਿ—ਜਾਂ । ਤੀਰਥੁ—ਧਰਮ-ਅਸਥਾਨ ।੩।੪੨।

ਅਰਥ:- ਹੇ ਪ੍ਰਭੂ! ਜੇ ਤੈਨੂੰ ਆਪਣੇ ਸੇਵਕ ਨਾਲ ਕੰਮ ਹੈ (ਭਾਵ, ਜੇ ਤੂੰ ਮੈਨੂੰ ਆਪਣੇ ਚਰਨਾਂ ਵਿਚ ਜੋੜੀ ਰੱਖਣਾ ਹੈ ਤਾਂ) ਇਹ ਇਕ (ਵੱਡਾ) ਸ਼ੰਕਾ ਦੂਰ ਕਰ ਦੇਹ (ਭਾਵ, ਇਹ ਸ਼ੱਕ ਮੈਨੂੰ ਤੇਰੇ ਚਰਨਾਂ ਵਿਚ ਜੁੜਨ ਨਹੀਂ ਦੇਵੇਗਾ) ।੧।ਰਹਾਉ।

ਕੀ ਇਹ ਮਨ ਬਲਵਾਨ ਹੈ ਜਾਂ (ਇਸ ਤੋਂ ਵਧੀਕ ਬਲਵਾਨ ਉਹ ਪ੍ਰਭੂ ਹੈ) ਜਿਸ ਨਾਲ ਮਨ ਪਤੀਜ ਜਾਂਦਾ ਹੈ (ਤੇ ਭਟਕਣੋਂ ਹਟ ਜਾਂਦਾ ਹੈ)? ਕੀ ਪਰਮਾਤਮਾ ਸਤਕਾਰ-ਜੋਗ ਹੈ, ਜਾਂ (ਉਸ ਤੋਂ ਵਧੀਕ ਸਤਕਾਰ-ਜੋਗ ਉਹ ਮਹਾਂਪੁਰਖ ਹੈ), ਜਿਸ ਨੇ ਪਰਮਾਤਮਾ ਨੂੰ ਪਛਾਣ ਲਿਆ ਹੈ? ।੧।

ਕੀ ਬ੍ਰਹਮਾ (ਆਦਿਕ ਦੇਵਤਾ) ਬਲੀ ਹੈ, ਜਾਂ (ਉਸ ਤੋਂ ਵਧੀਕ ਉਹ ਪ੍ਰਭੂ ਹੈ) ਜਿਸ ਦਾ ਪੈਦਾ ਕੀਤਾ ਹੋਇਆ (ਇਹ ਬ੍ਰਹਮਾ) ਹੈ? ਕੀ ਵੇਦ (ਆਦਿਕ ਧਰਮ-ਪੁਸਤਕਾਂ ਦਾ ਗਿਆਨ) ਸਿਰ-ਨਿਵਾਉਣ-ਜੋਗ ਹੈ ਜਾਂ ਉਹ (ਮਹਾਂਪੁਰਖ) ਜਿਸ ਤੋਂ (ਇਹ ਗਿਆਨ) ਮਿਲਿਆ? ।੨।

ਕਬੀਰ ਆਖਦਾ ਹੈ—ਮੇਰੇ ਮਨ ਵਿਚ ਇਹ ਸ਼ੱਕ ਉੱਠ ਰਿਹਾ ਹੈ ਕਿ ਤੀਰਥ (ਧਰਮ-ਅਸਥਾਨ) ਪੂਜਣ-ਜੋਗ ਹੈ ਜਾਂ ਪ੍ਰਭੂ ਦਾ (ਉਹ) ਭਗਤ (ਵਧੀਕ ਪੂਜਣ-ਜੋਗ ਹੈ ਜਿਸ ਦਾ ਸਦਕਾ ਉਹ ਤੀਰਥ ਬਣਿਆ) ।੩।੪੨।

ਨੋਟ:- ਇਸ ਸ਼ਬਦ ਦੀ ਰਾਹੀਂ ਕਬੀਰ ਜੀ ਨੇ ਧਾਰਮਿਕ ਰਸਤੇ ਵਿਚ ਵਾਪਰਨ ਵਾਲੇ ਕਈ ਭੁਲੇਖੇ ਦੂਰ ਕੀਤੇ ਹਨ—(੧) 'ਮੈਂ ਬ੍ਰਹਮ ਹਾਂ, ਮੈਂ ਰੱਬ ਹਾਂ'—ਇਹ ਖ਼ਿਆਲ ਹਉਮੈ ਵਲ ਲੈ ਜਾਂਦਾ ਹੈ । ਇਸ 'ਮੈਂ' ਨੂੰ, ਇਸ 'ਮਨ' ਨੂੰ ਬੇਅੰਤ ਪ੍ਰਭੂ ਵਿਚ ਲੀਨ ਕਰਨਾ ਹੀ ਸਹੀ ਰਸਤਾ ਹੈ । (੨) ਪ੍ਰਭੂ ਨਾਲ ਮਿਲਾਪ ਤਦੋਂ ਹੀ ਸੰਭਵ ਹੋ ਸਕੇਗਾ ਜੇ ਸਤਿਗੁਰੂ ਅੱਗੇ ਆਪਾ ਵਾਰਿਆ ਜਾਏ । (੩) ਸਭ ਦੇਵਤਿਆਂ ਦਾ ਸਿਰਤਾਜ ਸਿਰਜਣ-ਹਾਰ ਪ੍ਰਭੂ ਆਪ ਹੀ ਹੈ । (੪) ਨਿਰਾ 'ਗਿਆਨ' ਕਾਫ਼ੀ ਨਹੀਂ, ਗਿਆਨ-ਦਾਤੇ ਸਤਿਗੁਰੂ ਨਾਲ ਪਿਆਰ ਬਣਾਉਣਾ ਜ਼ਰੂਰੀ ਹੈ । (੫) ਅਸਲੀ ਤੀਰਥ 'ਸਤਿਗੁਰੂ' ਹੈ ।

ਅਸਲ ਸ਼ਿਰੋਮਣੀ ਵਿਚਾਰ, ਮੁੱਖ-ਭਾਵ, ਸ਼ਬਦ ਦੀ ਅਖ਼ੀਰਲੀ ਤੁਕ ਵਿਚ ਹੈ ।

ਸ਼ਬਦ ਦਾ ਭਾਵ:- ਅਸਲ ਤੀਰਥ 'ਸਤਿਗੁਰੂ' ਹੈ, ਜਿਸ ਨਾਲ ਪਿਆਰ ਕਰਨ ਦਾ ਸਦਕਾ ਉਹ ਗਿਆਨ ਪ੍ਰਾਪਤ ਹੁੰਦਾ ਹੈ ਜੋ ਪ੍ਰਭੂ ਵਿਚ ਜੋੜ ਦੇਂਦਾ ਹੈ ।੪੨।

ਰਾਗੁ ਗਉੜੀ ਚੇਤੀ ॥ ਦੇਖੌ ਭਾਈ ਗ੍ਯ੍ਯਾਨ ਕੀ ਆਈ ਆਂਧੀ ॥ ਸਭੈ ਉਡਾਨੀ ਭ੍ਰਮ ਕੀ ਟਾਟੀ ਰਹੈ ਨ ਮਾਇਆ ਬਾਂਧੀ ॥੧॥ ਰਹਾਉ ॥ ਦੁਚਿਤੇ ਕੀ ਦੁਇ ਥੂਨਿ ਗਿਰਾਨੀ ਮੋਹ ਬਲੇਡਾ ਟੂਟਾ ॥ ਤਿਸਨਾ ਛਾਨਿ ਪਰੀ ਧਰ ਊਪਰਿ ਦੁਰਮਤਿ ਭਾਂਡਾ ਫੂਟਾ ॥੧॥ ਆਂਧੀ ਪਾਛੇ ਜੋ ਜਲੁ ਬਰਖੈ ਤਿਹਿ ਤੇਰਾ ਜਨੁ ਭੀਨਾਂ ॥ ਕਹਿ ਕਬੀਰ ਮਨਿ ਭਇਆ ਪ੍ਰਗਾਸਾ ਉਦੈ ਭਾਨੁ ਜਬ ਚੀਨਾ ॥੨॥੪੩॥ {ਪੰਨਾ 331}

ਪਦਅਰਥ:- ਗ੍ਯ੍ਯਾਨ—ਸਮਝ {ਨੋਟ:- ਅੱਖਰ 'ਗ' ਦੇ ਹੇਠਾਂ ਅੱਧਾ ਅੱਖਰ 'ਯ' ਹੈ} । ਆਂਧੀ—ਹਨੇਰੀ, ਝੱਖੜ । ਸਭੈ—ਸਾਰੀ ਦੀ ਸਾਰੀ । ਟਾਟੀ—ਛੱਪਰ । ਰਹੈ ਨ—ਟਿਕੀ ਨਹੀਂ ਰਹਿ ਸਕਦੀ । ਮਾਇਆ ਬਾਂਧੀ—ਮਾਇਆ ਨਾਲ ਬੱਝੀ ਹੋਈ, ਮਾਇਆ ਦੇ ਆਸਰੇ ਖਲੋਤੀ ਹੋਈ ।੧।ਰਹਾਉ।

ਦੁਇ—ਦ੍ਵੈਤ, ਪ੍ਰਭੂ ਤੋਂ ਬਿਨਾ ਕਿਸੇ ਹੋਰ ਦਾ ਆਸਰਾ ਤੱਕਣਾ । ਥੂਨਿ—ਥੰਮ੍ਹੀ । ਬਲੇਂਡਾ—ਵਲਾ । ਛਾਨਿ—ਛੰਨ, ਛੱਪਰ, ਕੁੱਲੀ । ਧਰ—ਧਰਤੀ । ਫੂਟਾ—ਟੁੱਟ ਗਿਆ ।੧।

ਬਰਖੈ—ਵਰ੍ਹਦਾ ਹੈ । ਤਿਹਿ—ਉਸ (ਮੀਂਹ) ਵਿਚ । ਭੀਨਾ—ਭਿੱਜ ਗਿਆ । ਮਨਿ—ਮਨ ਵਿਚ । ਪ੍ਰਗਾਸਾ—ਪ੍ਰਕਾਸ਼, ਚਾਨਣ । ਉਦੈ—ਚੜ੍ਹਿਆ ਹੋਇਆ । ਚੀਨਾ—ਵੇਖ ਲਿਆ ।੨।

ਅਰਥ:- ਹੇ ਸੱਜਣ! ਵੇਖ, (ਜਦੋਂ) ਗਿਆਨ ਦੀ ਹਨੇਰੀ ਆਉਂਦੀ ਹੈ ਤਾਂ ਭਰਮ-ਵਹਿਮ ਦਾ ਛੱਪਰ ਸਾਰੇ ਦਾ ਸਾਰਾ ਉੱਡ ਜਾਂਦਾ ਹੈ; ਮਾਇਆ ਦੇ ਆਸਰੇ ਖਲੋਤਾ ਹੋਇਆ (ਇਹ ਛੱਪਰ ਗਿਆਨ ਦੀ ਹਨੇਰੀ ਦੇ ਅੱਗੇ) ਟਿਕਿਆ ਨਹੀਂ ਰਹਿ ਸਕਦਾ ।੧।ਰਹਾਉ।

(ਭਰਮਾਂ-ਵਹਿਮਾਂ ਵਿਚ) ਡੋਲਦੇ ਮਨ ਦੀ ਦ੍ਵੈਤ-ਰੂਪ ਥੰਮ੍ਹੀ ਡਿੱਗ ਪੈਂਦੀ ਹੈ (ਭਾਵ, ਪ੍ਰਭੂ ਦੀ ਟੇਕ ਛੱਡ ਕੇ ਕਦੇ ਕੋਈ ਆਸਰਾ ਤੱਕਣਾ, ਕਦੇ ਕੋਈ ਸਹਾਰਾ ਬਣਾਉਣਾ—ਮਨ ਦੀ ਇਹ ਡਾਵਾਂ-ਡੋਲ ਹਾਲਤ ਮੁੱਕ ਜਾਂਦੀ ਹੈ) । ਇਸ ਦੁਨੀਆਵੀ ਆਸਰੇ ਦੀ ਥੰਮ੍ਹੀ ਤੇ ਟਿਕਿਆ ਹੋਇਆ) ਮੋਹ-ਰੂਪ ਵਲਾ (ਭੀ ਡਿੱਗ ਕੇ) ਟੁੱਟ ਜਾਂਦਾ ਹੈ । (ਇਸ ਮੋਹ-ਰੂਪ ਵਲੇ ਤੇ ਟਿਕਿਆ ਹੋਇਆ) ਤ੍ਰਿਸ਼ਨਾ ਦਾ ਛੱਪਰ (ਵਲਾ ਟੁੱਟ ਜਾਣ ਕਰਕੇ) ਭੁੰਞੇ ਆ ਪੈਂਦਾ ਹੈ, ਤੇ ਇਸ ਕੁਚੱਜੀ ਮੱਤ ਦਾ ਭਾਂਡਾ ਭੱਜ ਜਾਂਦਾ ਹੈ (ਭਾਵ, ਇਹ ਸਾਰੀ ਦੀ ਸਾਰੀ ਕੁਚੱਜੀ ਮੱਤ ਮੁੱਕ ਜਾਂਦੀ ਹੈ) ।੧।

ਕਬੀਰ ਆਖਦਾ ਹੈ—(ਗਿਆਨ ਦੀ) ਹਨੇਰੀ ਦੇ ਪਿਛੋਂ ਜਿਹੜਾ ('ਨਾਮ' ਦਾ) ਮੀਂਹ ਵਰ੍ਹਦਾ ਹੈ, ਉਸ ਵਿਚ (ਹੇ ਪ੍ਰਭੂ! ਤੇਰੀ ਭਗਤੀ ਕਰਨ ਵਾਲਾ) ਤੇਰਾ ਭਗਤ ਭਿੱਜ ਜਾਂਦਾ ਹੈ (ਭਾਵ, ਗਿਆਨ ਦੀ ਬਰਕਤਿ ਨਾਲ ਭਰਮ-ਵਹਿਮ ਮੁੱਕ ਜਾਣ ਤੇ ਜਿਉਂ ਜਿਉਂ ਮਨੁੱਖ ਨਾਮ ਜਪਦਾ ਹੈ, ਉਸ ਦੇ ਮਨ ਵਿਚ ਸ਼ਾਂਤੀ ਤੇ ਟਿਕਾਉ ਪੈਦਾ ਹੁੰਦਾ ਹੈ) । ਜਦੋਂ (ਹੇ ਪ੍ਰਭੂ! ਤੇਰਾ ਸੇਵਕ) ਆਪਣੇ ਅੰਦਰ (ਤੇਰੇ ਨਾਮ ਦਾ) ਸੂਰਜ ਚੜ੍ਹਿਆ ਹੋਇਆ ਤੱਕਦਾ ਹੈ ਤਾਂ ਉਸ ਦੇ ਮਨ ਵਿਚ ਚਾਨਣ (ਹੀ ਚਾਨਣ) ਹੋ ਜਾਂਦਾ ਹੈ ।੨।੪੩।

ਸ਼ਬਦ ਦਾ ਭਾਵ:- ਜਿਤਨਾ ਚਿਰ ਮਨੁੱਖ ਮਾਇਆ ਦੇ ਬੰਧਨਾਂ ਵਿਚ ਜਕੜਿਆ ਰਹਿੰਦਾ ਹੈ, ਇਸ ਦਾ ਡੋਲਦਾ ਮਨ ਪ੍ਰਭੂ ਨੂੰ ਵਿਸਾਰ ਕੇ ਹੋਰ ਹੋਰ ਆਸਰੇ-ਪਰਨੇ ਤੱਕਦਾ ਹੈ; ਮੋਹ ਦੇ ਕਾਰਨ ਤ੍ਰਿਸ਼ਨਾ-ਲਾਲਚ ਦੀ ਹੀ ਸਾਰੀ ਜੀਵਨ-ਉਸਾਰੀ ਬਣਾਈ ਰੱਖਦਾ ਹੈ । ਪਰ, ਸਤਿਗੁਰੂ ਦੇ ਗਿਆਨ ਦੀ ਬਰਕਤਿ ਨਾਲ ਇਹ ਕੁਚੱਜੀ ਬਣਤਰ ਮੁੱਕ ਜਾਂਦੀ ਹੈ । ਫਿਰ, ਜਿਉਂ ਜਿਉਂ ਨਾਮ ਸਿਮਰਦਾ ਹੈ, ਸਮਝ ਉੱਚੀ ਹੁੰਦੀ ਹੈ, ਤੇ ਨਾਮ-ਰਸ ਦਾ ਆਨੰਦ ਆਉਂਦਾ ਹੈ ।੪੩।

ਗਉੜੀ ਚੇਤੀ ੧ੴ ਸਤਿਗੁਰ ਪ੍ਰਸਾਦਿ ॥ ਹਰਿ ਜਸੁ ਸੁਨਹਿ ਨ ਹਰਿ ਗੁਨ ਗਾਵਹਿ ॥ ਬਾਤਨ ਹੀ ਅਸਮਾਨੁ ਗਿਰਾਵਹਿ ॥੧॥ ਐਸੇ ਲੋਗਨ ਸਿਉ ਕਿਆ ਕਹੀਐ ॥ ਜੋ ਪ੍ਰਭ ਕੀਏ ਭਗਤਿ ਤੇ ਬਾਹਜ ਤਿਨ ਤੇ ਸਦਾ ਡਰਾਨੇ ਰਹੀਐ ॥੧॥ ਰਹਾਉ ॥ ਆਪਿ ਨ ਦੇਹਿ ਚੁਰੂ ਭਰਿ ਪਾਨੀ ॥ ਤਿਹ ਨਿੰਦਹਿ ਜਿਹ ਗੰਗਾ ਆਨੀ ॥੨॥ ਬੈਠਤ ਉਠਤ ਕੁਟਿਲਤਾ ਚਾਲਹਿ ॥ ਆਪੁ ਗਏ ਅਉਰਨ ਹੂ ਘਾਲਹਿ ॥੩॥ ਛਾਡਿ ਕੁਚਰਚਾ ਆਨ ਨ ਜਾਨਹਿ ॥ ਬ੍ਰਹਮਾ ਹੂ ਕੋ ਕਹਿਓ ਨ ਮਾਨਹਿ ॥੪॥ ਆਪੁ ਗਏ ਅਉਰਨ ਹੂ ਖੋਵਹਿ ॥ ਆਗਿ ਲਗਾਇ ਮੰਦਰ ਮੈ ਸੋਵਹਿ ॥੫॥ ਅਵਰਨ ਹਸਤ ਆਪ ਹਹਿ ਕਾਂਨੇ ॥ ਤਿਨ ਕਉ ਦੇਖਿ ਕਬੀਰ ਲਜਾਨੇ ॥੬॥੧॥੪੪॥ {ਪੰਨਾ 332}

ਪਦਅਰਥ:- ਜਸੁ—ਵਡਿਆਈ, ਸਿਫ਼ਤਿ-ਸਾਲਾਹ । ਬਾਤਨ ਹੀ—ਗੱਲਾਂ ਨਾਲ ਹੀ, ਨਿਰੀਆਂ ਸ਼ੇਖ਼ੀ ਦੀਆਂ

ਗੱਲਾਂ ਨਾਲ ।੧।

ਸਿਉ—ਨਾਲ, ਨੂੰ । ਕਿਆ ਕਹੀਐ—ਕੀਹ ਆਖੀਏ? ਮੱਤ ਦੇਣ ਦਾ ਕੋਈ ਲਾਭ ਨਹੀਂ । ਕੀਏ—ਕੀਤੇ, ਬਣਾਏ । ਬਾਹਜ—ਸੱਖਣੇ, ਖ਼ਾਲੀ, ਬਿਨਾ । ਭਗਤਿ ਤੇ ਬਾਹਜ ਕੀਏ—ਭਗਤੀ ਤੋਂ ਸੱਖਣੇ ਰੱਖੇ । ਡਰਾਨੇ ਰਹੀਐ—ਡਰਦੇ ਰਹੀਏ, ਦੂਰ ਦੂਰ ਹੀ ਰਹਿਣਾ ਚੰਗਾ ਹੈ ।੧।ਰਹਾਉ।

ਨ ਦੇਹਿ—ਨਹੀਂ ਦੇਂਦੇ । ਚੁਰੂ ਭਰਿ—ਇੱਕ ਚੁਲੀ ਜਿਤਨਾ । ਤਿਹ—ਉਹਨਾਂ (ਮਨੁੱਖਾਂ) ਨੂੰ । ਜਿਹ—ਜਿਨ੍ਹਾਂ ਨੇ । ਆਨੀ—ਲੈ ਆਂਦੀ ਹੈ, ਵਗਾ ਦਿੱਤੀ ਹੈ ।੨।

ਕੁਟਿਲ—ਟੇਢੀਆਂ ਚਾਲਾਂ ਚੱਲਣ ਵਾਲਾ । ਕੁਟਿਲਤਾ—ਟੇਢੀਆਂ ਚਾਲਾਂ । ਆਪੁ—ਆਪਹੁ, ਆਪਣੇ ਆਪ ਤੋਂ । ਹੂ—ਭੀ । ਘਾਲਹਿ—ਘੱਲਦੇ ਹਨ । (ਆਪੁ) ਘਾਲਹਿ—ਉਹਨਾਂ ਦੇ ਆਪੇ ਤੋਂ ਘੱਲਦੇ ਹਨ, ਉਹਨਾਂ ਦੇ ਅਸਲੇ ਤੋਂ ਦੂਰ ਕਰ ਦੇਂਦੇ ਹਨ, ਕੁਰਾਹੇ ਪਾ ਦੇਂਦੇ ਹਨ, ਨਾਸ ਕਰ ਦੇਂਦੇ ਹਨ ।੩।

ਕੁਚਰਚਾ—ਕੋਝੀ ਚਰਚਾ, ਥੋਥੀ ਬਹਿਸ । ਛਾਡਿ—ਛੱਡ ਕੇ, ਤੋਂ ਬਿਨਾ । ਆਨ—ਕੋਈ ਹੋਰ ਗੱਲ । ਬ੍ਰਹਮਾ ਹੂ ਕੋ ਕਹਿਓ—ਬ੍ਰਹਮਾ ਦਾ ਆਖਿਆ ਭੀ, ਵੱਡੇ ਤੋਂ ਵੱਡੇ ਮੰਨੇ-ਪ੍ਰਮੰਨੇ ਸਿਆਣੇ ਦੀ ਗੱਲ ਭੀ । ਕੋ—ਦਾ ।੪।

ਖੋਵਹਿ—ਖੁੰਝਾਉਂਦੇ ਹਨ । ਮੰਦਰ—ਘਰ । ਮੈ—ਮਹਿ, ਵਿਚ ।੫।

ਹਸਤ—ਮਖ਼ੌਲ ਕਰਦੇ ਹਨ । ਦੇਖਿ—ਵੇਖ ਕੇ । ਲਜਾਨੇ—ਸ਼ਰਮ ਆਉਂਦੀ ਹੈ ।੬।

ਅਰਥ:- (ਕਈ ਮਨੁੱਖ ਆਪ) ਨਾਹ ਕਦੇ ਪ੍ਰਭੂ ਦੀ ਸਿਫ਼ਤਿ-ਸਾਲਾਹ ਸੁਣਦੇ ਹਨ, ਨਾਹ ਹਰੀ ਦੇ ਗੁਣ ਗਾਉਂਦੇ ਹਨ, ਪਰ ਸ਼ੇਖ਼ੀ ਦੀਆਂ ਗੱਲਾਂ ਨਾਲ ਤਾਂ (ਮਾਨੋ) ਅਸਮਾਨ ਨੂੰ ਢਾਹ ਲੈਂਦੇ ਹਨ ।੧।

ਅਜਿਹੇ ਬੰਦਿਆਂ ਨੂੰ ਭਲੀ ਮੱਤ ਦੇਣ ਦਾ ਕੋਈ ਲਾਭ ਨਹੀਂ, ਜਿਨ੍ਹਾਂ ਨੂੰ ਪ੍ਰਭੂ ਨੇ ਭਗਤੀ ਤੋਂ ਵਾਂਜੇ ਰੱਖਿਆ ਹੈ (ਉਹਨਾਂ ਨੂੰ ਮੱਤ ਦੇਣ ਦੇ ਥਾਂ ਸਗੋਂ) ਉਹਨਾਂ ਤੋਂ ਸਦਾ ਦੂਰ ਦੂਰ ਹੀ ਰਹਿਣਾ ਚਾਹੀਦਾ ਹੈ ।੧।ਰਹਾਉ।

(ਉਹ ਲੋਕ) ਆਪ ਤਾਂ (ਕਿਸੇ ਨੂੰ) ਇਕ ਚੁਲੀ ਜਿਤਨਾ ਪਾਣੀ ਭੀ ਨਹੀਂ ਦੇਂਦੇ, ਪਰ ਨਿੰਦਿਆ ਉਹਨਾਂ ਦੀ ਕਰਦੇ ਹਨ ਜਿਨ੍ਹਾਂ ਨੇ ਗੰਗਾ ਵਗਾ ਦਿੱਤੀ ਹੋਵੇ ।੨।

ਬੈਠਦਿਆਂ ਉਠਦਿਆਂ (ਹਰ ਵੇਲੇ ਉਹ) ਟੇਢੀਆਂ ਚਾਲਾਂ ਹੀ ਚੱਲਦੇ ਹਨ, ਉਹ ਆਪਣੇ ਆਪ ਤੋਂ ਗਏ-ਗੁਜ਼ਰੇ ਬੰਦੇ ਹੋਰਨਾਂ ਨੂੰ ਭੀ ਕੁਰਾਹੇ ਪਾਂਦੇ ਹਨ ।੩।

ਫੋਕੀ ਬਹਿਸ ਤੋਂ ਬਿਨਾ ਉਹ ਹੋਰ ਕੁਝ ਕਰਨਾ ਜਾਣਦੇ ਹੀ ਨਹੀਂ, ਕਿਸੇ ਵੱਡੇ ਤੋਂ ਵੱਡੇ ਮੰਨੇ-ਪ੍ਰਮੰਨੇ ਸਿਆਣੇ ਦੀ ਭੀ ਗੱਲ ਨਹੀਂ ਮੰਨਦੇ ।੪।

ਆਪਣੇ ਆਪ ਤੋਂ ਗਏ-ਗੁਜ਼ਰੇ ਉਹ ਲੋਕ ਹੋਰਨਾਂ ਨੂੰ ਭੀ ਖੁੰਝਾਉਂਦੇ ਹਨ, ਉਹ (ਮਾਨੋ, ਆਪਣੇ ਹੀ ਘਰ ਨੂੰ) ਅੱਗ ਲਾ ਕੇ ਘਰ ਵਿਚ ਸੌਂ ਰਹੇ ਹਨ ।੫।

ਉਹ ਆਪ ਤਾਂ ਕਾਣੇ ਹਨ (ਕਈ ਤਰ੍ਹਾਂ ਦੇ ਵੈਲ ਕਰਦੇ ਹਨ) ਪਰ ਹੋਰਨਾਂ ਨੂੰ ਮਖ਼ੌਲ ਕਰਦੇ ਹਨ । ਅਜਿਹੇ ਬੰਦਿਆਂ ਨੂੰ ਵੇਖ ਕੇ, ਹੇ ਕਬੀਰ! ਸ਼ਰਮ ਆਉਂਦੀ ਹੈ ।੬।੧।੧੪।

ਸ਼ਬਦ ਦਾ ਭਾਵ:- ਸ਼ੇਖ਼ੀ-ਖ਼ੋਰੇ ਬੰਦਿਆਂ ਉੱਤੇ ਕਿਸੇ ਦੀ ਸਿੱਖਿਆ ਦਾ ਅਸਰ ਨਹੀਂ ਹੋ ਸਕਦਾ, ਉਹ ਸਗੋਂ ਹੋਰਨਾਂ ਨੂੰ ਭੀ ਵਿਗਾੜਨ ਦੇ ਜਤਨ ਕਰਦੇ ਹਨ । ਅਜਿਹੇ ਬੰਦਿਆਂ ਤੋਂ ਪਰੇ ਹੀ ਰਹਿਣਾ ਚੰਗਾ ਹੁੰਦਾ ਹੈ ।੪੪।

ਨੋਟ:- ਇਸ ਸ਼ਬਦ ਦੇ ੬ 'ਬੰਦ' ਹਨ; ਅਗਲੇ ਅੰਕ ਨੰ: ੧ ਦਾ ਭਾਵ ਇਹ ਹੈ ਕਿ ਇਹ 'ਗਉੜੀ ਚੇਤੀ' ਦਾ

ਪਹਿਲਾ ਸ਼ਬਦ ਹੈ । ਕਬੀਰ ਜੀ ਦੇ ਸ਼ਬਦਾਂ ਦੇ ਸਿਲਸਿਲੇ ਵਿਚ ਇਹ ੪੪ਵਾਂ ਸ਼ਬਦ ਹੈ ।

ਰਾਗੁ ਗਉੜੀ ਬੈਰਾਗਣਿ ਕਬੀਰ ਜੀ ੴ ਸਤਿਗੁਰ ਪ੍ਰਸਾਦਿ ॥ ਜੀਵਤ ਪਿਤਰ ਨ ਮਾਨੈ ਕੋਊ ਮੂਏਂ ਸਿਰਾਧ ਕਰਾਹੀ ॥ ਪਿਤਰ ਭੀ ਬਪੁਰੇ ਕਹੁ ਕਿਉ ਪਾਵਹਿ ਕਊਆ ਕੂਕਰ ਖਾਹੀ ॥੧॥ ਮੋ ਕਉ ਕੁਸਲੁ ਬਤਾਵਹੁ ਕੋਈ ॥ ਕੁਸਲੁ ਕੁਸਲੁ ਕਰਤੇ ਜਗੁ ਬਿਨਸੈ ਕੁਸਲੁ ਭੀ ਕੈਸੇ ਹੋਈ ॥੧॥ ਰਹਾਉ ॥ ਮਾਟੀ ਕੇ ਕਰਿ ਦੇਵੀ ਦੇਵਾ ਤਿਸੁ ਆਗੈ ਜੀਉ ਦੇਹੀ ॥ ਐਸੇ ਪਿਤਰ ਤੁਮਾਰੇ ਕਹੀਅਹਿ ਆਪਨ ਕਹਿਆ ਨ ਲੇਹੀ ॥੨॥ ਸਰਜੀਉ ਕਾਟਹਿ ਨਿਰਜੀਉ ਪੂਜਹਿ ਅੰਤ ਕਾਲ ਕਉ ਭਾਰੀ ॥ ਰਾਮ ਨਾਮ ਕੀ ਗਤਿ ਨਹੀ ਜਾਨੀ ਭੈ ਡੂਬੇ ਸੰਸਾਰੀ ॥੩॥ ਦੇਵੀ ਦੇਵਾ ਪੂਜਹਿ ਡੋਲਹਿ ਪਾਰਬ੍ਰਹਮੁ ਨਹੀ ਜਾਨਾ ॥ ਕਹਤ ਕਬੀਰ ਅਕੁਲੁ ਨਹੀ ਚੇਤਿਆ ਬਿਖਿਆ ਸਿਉ ਲਪਟਾਨਾ ॥੪॥੧॥੪੫॥
{ਪੰਨਾ 332}

ਪਦਅਰਥ:- ਜੀਵਤ—ਜੀਊਂਦੇ । ਪਿਤਰ—ਵੱਡੇ ਵਡੇਰੇ, ਪਿਉ ਬਾਬਾ ਪੜਦਾਦਾ ਆਦਿਕ ਵਡੇਰੇ ਜੋ ਮਰ ਕੇ ਪਰਲੋਕ ਵਿਚ ਜਾ ਚੁਕੇ ਹਨ । ਸਿਰਾਧ—ਪਿਤਰਾਂ ਦੇ ਨਿਮਿਤ ਬ੍ਰਾਹਮਣਾਂ ਨੂੰ ਖੁਆਇਆ ਹੋਇਆ ਭੋਜਨ {ਮਰ ਚੁੱਕੇ ਬਜ਼ੁਰਗਾਂ ਲਈ ਹਿੰਦੂ ਲੋਕ ਸਾਲ ਦੇ ਸਾਲ ਅੱਸੂ ਦੇ ਮਹੀਨੇ ਸਰਾਧ ਕਰਦੇ ਹਨ; ਬ੍ਰਾਹਮਣਾਂ ਨੂੰ ਭੋਜਨ ਖਿਲਾਂਦੇ ਹਨ । ਨਿਸ਼ਚਾ ਇਹ ਹੁੰਦਾ ਹੈ ਕਿ ਇਹ ਖੁਆਇਆ ਹੋਇਆ ਭੋਜਨ ਪਿਤਰਾਂ ਨੂੰ ਅੱਪੜ ਜਾਇਗਾ । ਸਰਾਧ ਅੱਸੂ ਦੀ ਪੂਰਨਮਾਸ਼ੀ ਤੋਂ ਸ਼ੁਰੂ ਹੋ ਕੇ ਮੱਸਿਆ ਤਕ ਰਹਿੰਦੇ ਹਨ; ਅਖ਼ੀਰਲਾ ਸਰਾਧ ਕਾਵਾਂ ਕੁੱਤਿਆਂ ਦਾ ਭੀ ਹੁੰਦਾ ਹੈ । ਚੰਦ ਦੇ ਮਹੀਨੇ ਦੇ ਹਿਸਾਬ ਜਿਸ ਤਰੀਕ (ਥਿਤ=ਤਿਥਿ) ਨੂੰ ਕੋਈ ਮਰੇ, ਸਰਾਧਾਂ ਦੇ ਦਿਨੀਂ ਉਸੇ ਥਿਤ ਤੇ ਉਸ ਦਾ ਸ਼ਰਾਧ ਕਰਾਉਂਦੇ ਹਨ । ਬ੍ਰਾਹਮਣਾਂ ਨੂੰ ਖੁਆ ਕੇ ਕਾਵਾਂ ਕੁੱਤਿਆਂ ਨੂੰ ਭੀ ਸਰਾਧ ਦਾ ਭੋਜਨ ਖੁਆਉਂਦੇ ਹਨ} । ਬਪੁਰੇ—ਵਿਚਾਰੇ । ਕੂਕਰ—ਕੁੱਤੇ ।੧।

ਕੁਸਲੁ—ਸੁਖ-ਸਾਂਦ, ਅਨੰਦ ।੧।ਰਹਾਉ।

ਕਰਿ—ਬਣਾ ਕੇ । ਜੀਉ ਦੇਹੀ—ਬੱਕਰੇ ਆਦਿਕ ਦੀ ਕੁਰਬਾਨੀ ਦੇਂਦੇ ਹਨ । {ਨੋਟ:- ਵਿਆਹ-ਸ਼ਾਦੀਆਂ ਸਮੇ ਪੁਰਾਣੇ ਖ਼ਿਆਲਾਂ ਵਾਲੇ ਹਿੰਦੂ ਸੱਜਣ ਆਪਣੇ ਘਰਾਂ ਵਿਚ ਲੜਕੇ ਲੜਕੀ ਨੂੰ ਮਾਈਏਂ ਪਾਣ ਵਾਲੇ ਦਿਨ 'ਵੱਡੇ ਅੱਡਦੇ' ਹਨ (ਭਾਵ) ਘਰ ਵਿਚ ਇਕ ਨਿਵੇਕਲੇ ਥਾਂ ਪੋਚਾ ਦੇ ਕੇ ਮਿੱਟੀ ਦੇ 'ਵੱਡੇ' ਬਣਾ ਕੇ ਉਹਨਾਂ ਦੇ ਅੱਗੇ ਪਾਣੀ ਦਾ ਘੜਾ ਭਰ ਕੇ ਰੱਖਦੇ ਹਨ । ਵਿਆਹ ਵਾਲੇ ਕੁੜੀ ਤੇ ਮੁੰਡਾ ਮੱਥਾ ਟੇਕਦੇ ਹਨ, ਤੇ ਇਸ ਤਰ੍ਹਾਂ ਆਪਣੇ ਪਿਤਰਾਂ ਪਾਸੋਂ 'ਕੁਸ਼ਲ' ਦੀ ਅਸੀਸ ਲੈਂਦੇ ਹਨ} ।

ਸਰਜੀਉ—ਜਿੰਦ ਵਾਲੇ, ਜੀਊਂਦੇ ਜੀਵ । ਨਿਰਜੀਉ—ਨਿਰਜਿੰਦ ਦੇਵਤਿਆਂ ਤੇ ਪਿਤਰਾਂ ਨੂੰ ਜੋ ਮਿੱਟੀ ਦੇ ਬਣਾਏ ਹੁੰਦੇ ਹਨ । ਕਾਲ—ਸਮਾਂ । ਗਤਿ—ਹਾਲਤ, ਅਵਸਥਾ । ਰਾਮ ਨਾਮ ਕੀ ਗਤਿ—ਉਹ ਆਤਮਕ ਅਵਸਥਾ ਜੋ ਪ੍ਰਭੂ ਦਾ ਨਾਮ ਸਿਮਰਿਆਂ ਬਣਦੀ ਹੈ । ਸੰਸਾਰੀ ਭੈ—ਸੰਸਾਰੀ ਡਰ ਵਿਚ, ਲੋਕਾਚਾਰੀ ਰਸਮਾਂ ਦੇ ਡਰ ਵਿਚ, ਲੋਕਲਾਜ ਵਿਚ ।੩।

ਡੋਲਹਿ—ਡੋਲਦੇ ਹਨ, ਸਹਿਮੇ ਰਹਿੰਦੇ ਹਨ । ਅਕੁਲੁ—{ਅ-ਕੁਲੁ} ਉਹ ਪ੍ਰਭੂ ਜੋ ਕਿਸੇ ਕੁਲ-ਜਾਤ ਵਿਚ ਨਹੀਂ ਜੰਮਦਾ । ਬਿਖਿਆ—ਮਾਇਆ ।੪।

ਅਰਥ:- ਲੋਕ ਜੀਊਂਦੇ ਮਾਪਿਆਂ ਦਾ ਤਾਂ ਆਦਰ ਮਾਣ ਨਹੀਂ ਕਰਦੇ, ਪਰ ਮਰ ਗਏ ਪਿਤਰਾਂ ਨਿਮਿਤ ਭੋਜਨ ਖੁਆਉਂਦੇ ਹਨ । ਵਿਚਾਰੇ ਪਿਤਰ ਭਲਾ ਉਹ ਸਰਾਧਾਂ ਦਾ ਭੋਜਨ ਕਿਵੇਂ ਹਾਸਲ ਕਰਨ? ਉਸ ਨੂੰ ਤਾਂ ਕਾਂ-ਕੁੱਤੇ

ਖਾ ਜਾਂਦੇ ਹਨ ।੧।

ਮੈਨੂੰ ਕੋਈ ਧਿਰ ਦੱਸੋ ਕਿ (ਪਿਤਰਾਂ ਦੇ ਨਮਿਤ ਸਰਾਧ ਖੁਆਉਣ ਨਾਲ ਪਿਛੇ ਘਰ ਵਿਚ) ਸੁਖ-ਆਨੰਦ ਕਿਵੇਂ ਹੋ ਜਾਂਦਾ ਹੈ । ਸਾਰਾ ਸੰਸਾਰ (ਇਸੇ ਭਰਮ-ਵਹਿਮ ਵਿਚ) ਖਪ ਰਿਹਾ ਹੈ ਕਿ (ਪਿਤਰਾਂ ਨਿਮਿਤ ਸਰਾਧ ਕੀਤਿਆਂ ਘਰ ਵਿਚ) ਸੁਖ-ਆਨੰਦ ਬਣਿਆ ਰਹਿੰਦਾ ਹੈ ।੧।ਰਹਾਉ।

ਮਿੱਟੀ ਦੇ ਦੇਵੀ-ਦੇਵਤੇ ਬਣਾ ਕੇ ਲੋਕ ਉਸ ਦੇਵੀ ਜਾਂ ਦੇਵਤੇ ਅੱਗੇ (ਬੱਕਰੇ ਆਦਿਕ ਦੀ) ਕੁਰਬਾਨੀ ਦੇਂਦੇ ਹਨ, (ਹੇ ਭਾਈ! ਇਸੇ ਤਰ੍ਹਾਂ) ਦੇ (ਮਿੱਟੀ ਦੇ ਬਣਾਏ ਹੋਏ) ਤੁਹਾਡੇ ਪਿਤਰ ਅਖਵਾਉਂਦੇ ਹਨ, (ਉਹਨਾਂ ਅੱਗੇ ਭੀ ਜੋ ਤੁਹਾਡਾ ਚਿੱਤ ਕਰਦਾ ਹੈ ਧਰ ਦੇਂਦੇ ਹੋ) ਉਹ ਆਪਣੇ ਮੂੰਹੋਂ ਮੰਗਿਆ ਕੁਝ ਨਹੀਂ ਲੈ ਸਕਦੇ ।੨।

ਲੋਕ ਲੋਕਾਚਾਰੀ ਰਸਮਾਂ ਦੇ ਡਰ ਵਿਚ ਗ਼ਰਕ ਹੋ ਰਹੇ ਹਨ, ਜੀਉਂਦੇ ਜੀਵਾਂ ਨੂੰ (ਦੇਵੀ ਦੇਵਤਿਆਂ ਅੱਗੇ ਭੇਟ ਕਰਨ ਲਈ) ਮਾਰਦੇ ਹਨ (ਤੇ ਇਸ ਤਰ੍ਹਾਂ ਮਿੱਟੀ ਆਦਿਕ ਦੇ ਬਣਾਏ ਹੋਏ) ਨਿਰਜਿੰਦ ਦੇਵਤਿਆਂ ਨੂੰ ਪੂਜਦੇ ਹਨ; ਆਪਣਾ ਅੱਗਾ ਵਿਗਾੜੀ ਜਾ ਰਹੇ ਹਨ (ਐਸੇ ਲੋਕਾਂ ਨੂੰ) ਉਸ ਆਤਮਕ ਅਵਸਥਾ ਦੀ ਸਮਝ ਨਹੀਂ ਪੈਂਦੀ ਜੋ ਪ੍ਰਭੂ ਦਾ ਨਾਮ ਸਿਮਰਦਿਆਂ ਬਣਦੀ ਹੈ ।੩।

ਕਬੀਰ ਆਖਦਾ ਹੈ—(ਅਜਿਹੇ ਲੋਕ ਮਿੱਟੀ ਦੇ ਬਣਾਏ ਹੋਏ) ਦੇਵੀ-ਦੇਵਤਿਆਂ ਨੂੰ ਪੂਜਦੇ ਹਨ ਤੇ ਸਹਿਮੇ ਭੀ ਰਹਿੰਦੇ ਹਨ (ਕਿਉਂਕਿ ਅਸਲ 'ਕੁਸ਼ਲ' ਦੇਣ ਵਾਲੇ) ਅਕਾਲ ਪੁਰਖ ਨੂੰ ਉਹ ਜਾਣਦੇ ਹੀ ਨਹੀਂ ਹਨ, ਉਹ ਜਾਤ-ਕੁਲ-ਰਹਿਤ ਪ੍ਰਭੂ ਨੂੰ ਨਹੀਂ ਸਿਮਰਦੇ ਉਹ (ਸਦਾ) ਮਾਇਆ ਨਾਲ ਲਪਟੇ ਰਹਿੰਦੇ ਹਨ ।੪।੧।੪੫।

ਸ਼ਬਦ ਦਾ ਭਾਵ:- ਘਰ ਵਿਚ ਹਰ ਤਰ੍ਹਾਂ ਦਾ ਸੁਖ-ਆਨੰਦ ਬਣੇ ਰਹਿਣ ਦੀ ਖ਼ਾਤਰ ਭਰਮੀ ਲੋਕ ਪਿਤਰਾਂ ਨਿਮਿਤ ਸਰਾਧ ਕਰਦੇ ਹਨ, ਮਿੱਟੀ ਦੇ ਦੇਵੀ ਦੇਵਤੇ ਬਣਾ ਕੇ ਉਹਨਾਂ ਦੇ ਅੱਗੇ ਕੁਰਬਾਨੀ ਦੇਂਦੇ ਹਨ; ਵਿਆਹਾਂ-ਸ਼ਾਦੀਆਂ ਸਮੇ 'ਵੱਡੇ ਅੱਡਦੇ ਹਨ', ਪਰ ਫਿਰ ਭੀ ਸਹਿਮ ਬਣਿਆ ਹੀ ਰਹਿੰਦਾ ਹੈ, ਕਿਉਂਕਿ ਸੁਖ ਅਨੰਦ ਦੇ ਸੋਮੇ ਪ੍ਰਭੂ ਨੂੰ ਵਿਸਾਰ ਕੇ ਮਾਇਆ ਦੇ ਮੋਹ ਵਿਚ ਜਕੜੇ ਰਹਿੰਦੇ ਹਨ ।੪੫।

ਗਉੜੀ ॥ ਜੀਵਤ ਮਰੈ ਮਰੈ ਫੁਨਿ ਜੀਵੈ ਐਸੇ ਸੁੰਨਿ ਸਮਾਇਆ ॥ ਅੰਜਨ ਮਾਹਿ ਨਿਰੰਜਨਿ ਰਹੀਐ ਬਹੁੜਿ ਨ ਭਵਜਲਿ ਪਾਇਆ ॥੧॥ ਮੇਰੇ ਰਾਮ ਐਸਾ ਖੀਰੁ ਬਿਲੋਈਐ ॥ ਗੁਰਮਤਿ ਮਨੂਆ ਅਸਥਿਰੁ ਰਾਖਹੁ ਇਨ ਬਿਧਿ ਅੰਮ੍ਰਿਤੁ ਪੀਓਈਐ ॥੧॥ ਰਹਾਉ ॥ ਗੁਰ ਕੈ ਬਾਣਿ ਬਜਰ ਕਲ ਛੇਦੀ ਪ੍ਰਗਟਿਆ ਪਦੁ ਪਰਗਾਸਾ ॥ ਸਕਤਿ ਅਧੇਰ ਜੇਵੜੀ ਭ੍ਰਮੁ ਚੂਕਾ ਨਿਹਚਲੁ ਸਿਵ ਘਰਿ ਬਾਸਾ ॥੨॥ ਤਿਨਿ ਬਿਨੁ ਬਾਣੈ ਧਨਖੁ ਚਢਾਈਐ ਇਹੁ ਜਗੁ ਬੇਧਿਆ ਭਾਈ ॥ ਦਹ ਦਿਸ ਬੂਡੀ ਪਵਨੁ ਝੁਲਾਵੈ ਡੋਰਿ ਰਹੀ ਲਿਵ ਲਾਈ ॥੩॥ ਉਨਮਨਿ ਮਨੂਆ ਸੁੰਨਿ ਸਮਾਨਾ ਦੁਬਿਧਾ ਦੁਰਮਤਿ ਭਾਗੀ ॥ ਕਹੁ ਕਬੀਰ ਅਨਭਉ ਇਕੁ ਦੇਖਿਆ ਰਾਮ ਨਾਮਿ ਲਿਵ ਲਾਗੀ ॥੪॥੨॥੪੬॥ {ਪੰਨਾ 332-333}

ਪਦਅਰਥ:- ਜੀਵਤ ਮਰੈ—ਜੀਊਂਦਾ ਹੀ ਮਰ ਜਾਂਦਾ ਹੈ, ਨਫ਼ਸਾਨੀ ਖ਼ਾਹਸ਼ਾਂ ਵਲੋਂ ਮਰਦਾ ਹੈ, ਮਨ ਨੂੰ ਵਿਕਾਰਾਂ ਦੇ ਫੁਰਨਿਆਂ ਵਲੋਂ ਹਟਾ ਲੈਂਦਾ ਹੈ । ਮਰੈ ਮਰੈ—ਮੁੜ ਮੁੜ ਮਰਦਾ ਹੈ, ਮੁੜ ਮੁੜ ਜਤਨ ਕਰ ਕੇ (ਨਫ਼ਸਾਨੀ ਖ਼ਾਹਸ਼ਾਂ ਵਲੋਂ) ਮਰਦਾ ਹੈ । ਐਸੇ—ਇਉਂ । ਫੁਨਿ—ਫਿਰ । ਜੀਵੈ—ਜੀਉ ਪੈਂਦਾ ਹੈ । ਸੁੰਨਿ—ਸੁੰਨ ਵਿਚ, ਸੁੰਞ ਵਿਚ, ਉਸ ਹਾਲਤ ਵਿਚ ਜਿਥੇ ਵਿਕਾਰਾਂ ਵਲੋਂ ਸੁੰਞ ਹੈ, ਉਸ ਅਵਸਥਾ ਵਿਚ ਜਿਥੇ ਵਿਕਾਰਾਂ ਦੇ ਫੁਰਨੇ ਨਹੀਂ ਉਠਦੇ । ਅੰਜਨ—ਕਾਲਖ, ਮਾਇਆ, ਦੁਨੀਆ । ਨਿਰੰਜਨਿ—ਨਿਰੰਜਨ ਵਿਚ, ਅੰਜਨ-ਰਹਿਤ ਪ੍ਰਭੂ

ਵਿਚ । ਬਹੁੜਿ—ਮੁੜ ਕੇ, ਫਿਰ । ਭਵਜਲਿ—ਭਵਜਲ ਵਿਚ, ਘੁੰਮਣਘੇਰ ਵਿਚ ।੧।

ਮੇਰੇ ਰਾਮ—ਹੇ ਪਿਆਰੇ ਪ੍ਰਭੂ! ਖੀਰੁ—ਦੁੱਧ । ਬਿਲੋਈਐ—ਰਿੜਕਿਆ ਜਾਂਦਾ ਹੈ । ਮਨੂਆ—ਕਮਜ਼ੋਰ ਮਨ । ਅਸਥਿਰੁ ਰਾਖਹੁ—(ਹੇ ਮੇਰੇ ਰਾਮ! ਤੂੰ) ਅਡੋਲ ਰੱਖ । ਇਨ ਬਿਧਿ—ਇਸ ਤਰੀਕੇ ਨਾਲ (ਭਾਵ, ਜੇ ਤੂੰ ਮੇਰੇ ਮਨ ਨੂੰ ਅਡੋਲ ਰੱਖੇਂ) । ਪੀਓਈਐ—ਪੀ ਲਈਦਾ ਹੈ ।੧।ਰਹਾਉ।

ਕੈ—ਦੀ ਰਾਹੀਂ । ਗੁਰ ਕੈ ਬਾਨਿ—ਗੁਰੂ ਦੇ (ਸ਼ਬਦ-ਰੂਪ) ਤੀਰ ਨਾਲ । ਬਜਰ—ਕਰੜੀ । ਕਲ—(ਮਨੋ-) ਕਲਪਣਾ । ਛੇਦੀ—ਵਿੱਝ ਗਈ । ਪਦੁ ਪਰਗਾਸਾ—ਪਰਕਾਸ਼ ਦਾ ਦਰਜਾ, ਉਹ ਹਾਲਤ ਜਿਥੇ ਸਹੀ ਸਮਝ ਪੈਦਾ ਹੋ ਜਾਂਦੀ ਹੈ । ਸਕਤਿ—ਮਾਇਆ । ਅਧੇਰਾ—ਹਨੇਰਾ । ਜੇਵੜੀ—ਰੱਸੀ । ਭ੍ਰਮੁ—ਭੁਲੇਖਾ । ਸਿਵ ਘਰਿ—ਸ਼ਿਵ ਦੇ ਘਰ ਵਿਚ, ਸਦਾ ਅਨੰਦ ਰਹਿਣ ਵਾਲੇ ਪ੍ਰਭੂ ਦੇ ਚਰਨਾਂ ਵਿਚ । ਨਿਹਚਲੁ ਬਾਸਾ—ਅਟੱਲ ਟਿਕਾਣਾ ।੨।

ਤਿਨਿ—ਉਸ ਮਨੁੱਖ ਨੇ (ਜਿਸ ਨੇ 'ਗੁਰ ਕੈ ਬਾਨਿ ਬਜਰ ਕਲ ਛੇਦੀ') । ਬਾਣ—ਤੀਰ । ਬੇਧਿਆ—ਵਿੰਨ੍ਹ ਲਿਆ ਹੈ । ਭਾਈ—ਹੇ ਸੱਜਣ! ਦਹਦਿਸ—ਦਸੀਂ ਪਾਸੀਂ । ਬੂਡੀ—ਗੁੱਡੀ । ਪਵਨੁ—ਹਵਾ । ਝੁਲਾਵੈ—ਝਕੋਲੇ ਦੇਂਦੀ ਹੈ, ਉਡਾਉਂਦੀ ਹੈ । ਡੋਰਿ—ਸੁਰਤ ਦੀ ਡੋਰੀ ।੩।

ਉਨਮਨਿ—ਉਨਮਨ ਵਿਚ, ਬਿਰਹੋਂ ਅਵਸਥਾ ਵਿਚ, ਉਸ ਹਾਲਤ ਵਿਚ ਜਿਥੇ ਮਨ ਪ੍ਰਭੂ ਨੂੰ ਮਿਲਣ ਲਈ ਬੇਤਾਬ ਹੋ ਜਾਂਦਾ ਹੈ । ਦੁਬਿਧਾ—{ਦੁ-ਬਿਧਾ=ਦੋ ਕਿਸਮਾਂ ਦਾ, ਦੋ ਤਰ੍ਹਾਂ ਦੇ ਆਸਰੇ ਤੱਕਣ ਵਾਲੀ ਹਾਲਤ} ਦੁਚਿਤਾ-ਪਨ । ਭਾਗੀ—ਭੱਜ ਜਾਂਦੀ ਹੈ । ਕਬੀਰ—ਹੇ ਕਬੀਰ! ਅਨਭਉ—ਆਪਣੇ ਅੰਦਰੋਂ ਪੈਦਾ ਹੋਇਆ ਗਿਆਨ । ਇਕ ਅਨਭਉ—ਅਸਚਰਜ ਹੱਡ-ਬੀਤਿਆ ਚਮਤਕਾਰਾ । ਨਾਮਿ—ਨਾਮ ਵਿਚ ।੪।

ਅਰਥ:- ਜੋ ਮਨੁੱਖ ਮੁੜ ਮੁੜ ਜਤਨ ਕਰ ਕੇ ਮਨ ਵਿਕਾਰਾਂ ਦੇ ਫੁਰਨਿਆਂ ਵਲੋਂ ਹਟਾ ਲੈਂਦਾ ਹੈ, ਉਹ ਫਿਰ (ਅਸਲ ਜੀਵਨ) ਜੀਊਂਦਾ ਹੈ ਤੇ ਉਸ ਅਵਸਥਾ ਵਿਚ ਜਿਥੇ ਵਿਕਾਰਾਂ ਦੇ ਫੁਰਨੇ ਨਹੀਂ ਉਠਦੇ, ਇਉਂ ਲੀਨ ਹੁੰਦਾ ਹੈ ਕਿ ਮਾਇਆ ਵਿਚ ਰਹਿੰਦਾ ਹੋਇਆ ਭੀ ਉਹ ਮਾਇਆ-ਰਹਿਤ ਪ੍ਰਭੂ ਵਿਚ ਟਿਕਿਆ ਰਹਿੰਦਾ ਹੈ ਤੇ ਮੁੜ (ਮਾਇਆ ਦੀ) ਘੁੰਮਣਘੇਰ ਵਿਚ ਨਹੀਂ ਪੈਂਦਾ ।੧।

ਹੇ ਪਿਆਰੇ ਪ੍ਰਭੂ! ਮੈਨੂੰ ਗੁਰੂ ਦੀ ਮੱਤ ਦੇ ਕੇ ਮੇਰਾ ਕਮਜ਼ੋਰ ਮਨ (ਮਾਇਆ ਵਲੋਂ) ਅਡੋਲ ਰੱਖ ।

ਹੇ ਪ੍ਰਭੂ! ਤਦੋਂ ਹੀ ਦੁੱਧ ਰਿੜਕਿਆ ਜਾ ਸਕਦਾ ਹੈ (ਭਾਵ, ਸਿਮਰਨ ਦਾ ਸਫਲ ਉੱਦਮ ਕੀਤਾ ਜਾ ਸਕਦਾ ਹੈ) ਤੇ, ਇਸੇ ਤਰੀਕੇ ਨਾਲ ਹੀ (ਭਾਵ, ਜੇ ਤੂੰ ਮੇਰੇ ਮਨ ਨੂੰ ਅਡੋਲ ਰੱਖੇਂ) ਤੇਰਾ ਨਾਮ-ਅੰਮ੍ਰਿਤ ਪੀਤਾ ਜਾ ਸਕਦਾ ਹੈ ।੧।ਰਹਾਉ।

ਜਿਸ ਮਨੁੱਖ ਨੇ ਸਤਿਗੁਰੂ ਦੇ (ਸ਼ਬਦ-ਰੂਪ) ਤੀਰ ਨਾਲ ਕਰੜੀ ਮਨੋ-ਕਲਪਣਾ ਵਿੰਨ੍ਹ ਲਈ ਹੈ (ਭਾਵ, ਮਨ ਦੀ ਵਿਕਾਰਾਂ ਵਲ ਦੀ ਦੌੜ ਰੋਕ ਲਈ ਹੈ) ਉਸ ਦੇ ਅੰਦਰ ਪ੍ਰਕਾਸ਼-ਪਦ ਪੈਦਾ ਹੋ ਜਾਂਦਾ ਹੈ (ਭਾਵ, ਉਸ ਦੇ ਅੰਦਰ ਉਹ ਅਵਸਥਾ ਬਣ ਜਾਂਦੀ ਹੈ ਜਿੱਥੇ ਐਸਾ ਆਤਮਕ ਚਾਨਣ ਹੋ ਜਾਂਦਾ ਹੈ ਕਿ ਉਹ ਮਾਇਆ ਦੇ ਹਨੇਰੇ ਵਿਚ ਨਹੀਂ ਫਸਦਾ) । (ਜਿਵੇਂ ਹਨੇਰੇ ਵਿਚ) ਰੱਸੀ (ਨੂੰ ਸੱਪ ਸਮਝਣ) ਦਾ ਭੁਲੇਖਾ (ਪੈਂਦਾ ਹੈ ਤੇ ਚਾਨਣ ਹੋਇਆਂ ਉਹ ਭੁਲੇਖਾ ਮਿਟ ਜਾਂਦਾ ਹੈ ਤਿਵੇਂ) ਮਾਇਆ ਦੇ (ਪ੍ਰਭਾਵ-ਰੂਪ) ਹਨੇਰੇ ਵਿਚ (ਵਿਕਾਰਾਂ ਨੂੰ ਹੀ ਸਹੀ ਜੀਵਨ ਸਮਝ ਲੈਣ ਦਾ ਭੁਲੇਖਾ) ਨਾਮ ਦੇ ਚਾਨਣ ਨਾਲ ਮਿਟ ਜਾਂਦਾ ਹੈ, ਤੇ ਉਸ ਮਨੁੱਖ ਦਾ ਨਿਵਾਸ ਸਦਾ-ਅਨੰਦ ਰਹਿਣ ਵਾਲੇ ਪ੍ਰਭੂ ਦੇ ਚਰਨਾਂ ਵਿਚ ਸਦਾ ਲਈ ਹੋ ਜਾਂਦਾ ਹੈ ।੨।

ਹੇ ਸੱਜਣ! (ਜਿਸ ਮਨੁੱਖ ਨੇ ਗੁਰ-ਸ਼ਬਦ ਰੂਪ ਤੀਰ ਦਾ ਆਸਰਾ ਲਿਆ ਹੈ) ਉਸ ਨੇ (ਮਾਨੋ,) ਤੀਰ ਕਮਾਨ

ਚੜ੍ਹਾਉਣ ਤੋਂ ਬਿਨਾ ਹੀ ਇਸ ਜਗਤ ਨੂੰ ਵਿੰਨ੍ਹ ਲਿਆ ਹੈ (ਭਾਵ, ਮਾਇਆ ਦਾ ਜ਼ੋਰ ਆਪਣੇ ਉੱਤੇ ਪੈਣ ਨਹੀਂ ਦਿੱਤਾ); (ਦੁਨੀਆ ਦੇ ਕੰਮ-ਕਾਰ ਰੂਪ) ਹਵਾ ਉਸ ਦੀ (ਜ਼ਿੰਦਗੀ ਦੀ) ਗੁੱਡੀ ਨੂੰ (ਭਾਵੇਂ ਵੇਖਣ-ਮਾਤ੍ਰ) ਦਸੀਂ ਪਾਸੀਂ ਉਡਾਉਂਦੀ ਹੈ (ਭਾਵ, ਭਾਵੇਂ, ਜੀਵਨ-ਨਿਰਬਾਹ ਦੀ ਖ਼ਾਤਰ ਉਹ ਕਿਰਤ-ਕਾਰ ਕਰਦਾ ਹੈ), ਪਰ, ਉਸ ਦੀ ਸੁਰਤ ਦੀ ਡੋਰ (ਪ੍ਰਭੂ ਨਾਲ) ਜੁੜੀ ਰਹਿੰਦੀ ਹੈ ।੩।

ਹੇ ਕਬੀਰ! ਆਖ—ਉਸ ਮਨੁੱਖ ਦਾ ਮਨ ਬਿਰਹੋਂ ਅਵਸਥਾ ਵਿਚ ਅੱਪੜ ਕੇ ਉਸ ਹਾਲਤ ਵਿਚ ਲੀਨ ਹੋ ਜਾਂਦਾ ਹੈ, ਜਿੱਥੇ ਵਿਕਾਰਾਂ ਦੇ ਫੁਰਨੇ ਨਹੀਂ ਉਠਦੇ । ਉਸ ਦੀ ਦੁਬਿਧਾ ਤੇ ਉਸ ਦੀ ਭੈੜੀ ਮੱਤ ਸਭ ਨਾਸ ਹੋ ਜਾਂਦੀ ਹੈ । ਉਹ ਇਕ ਅਚਰਜ ਚਮਤਕਾਰਾ ਆਪਣੇ ਅੰਦਰ ਵੇਖ ਲੈਂਦਾ ਹੈ । ਉਸ ਦੀ ਸੁਰਤ ਪ੍ਰਭੂ ਦੇ ਨਾਮ ਵਿਚ ਜੁੜ ਜਾਂਦੀ ਹੈ ।੪।੨।੪੬।

ਸ਼ਬਦ ਦਾ ਭਾਵ:- ਜਿਸ ਮਨੁੱਖ ਉੱਤੇ ਪ੍ਰਭੂ ਮਿਹਰ ਕਰਦਾ ਹੈ ਉਹ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਆਪਣੇ ਮਨ ਨੂੰ ਵਿਕਾਰਾਂ ਵਲੋਂ ਰੋਕ ਲੈਂਦਾ ਹੈ । ਉਹ ਨਿਰਬਾਹ ਲਈ ਕਿਰਤ-ਕਾਰ ਤਾਂ ਕਰਦਾ ਹੈ, ਪਰ ਉਸ ਦੀ ਸੁਰਤ ਸਦਾ-ਪ੍ਰਭੂ ਚਰਨਾਂ ਵਿਚ ਹੀ ਰਹਿੰਦੀ ਹੈ ।੪੬।

ਗਉੜੀ ਬੈਰਾਗਣਿ ਤਿਪਦੇ• ॥ ਉਲਟਤ ਪਵਨ ਚਕ੍ਰ ਖਟੁ ਭੇਦੇ ਸੁਰਤਿ ਸੁੰਨ ਅਨਰਾਗੀ ॥ ਆਵੈ ਨ ਜਾਇ ਮਰੈ ਨ ਜੀਵੈ ਤਾਸੁ ਖੋਜੁ ਬੈਰਾਗੀ ॥੧॥ ਮੇਰੇ ਮਨ ਮਨ ਹੀ ਉਲਟਿ ਸਮਾਨਾ ॥ ਗੁਰ ਪਰਸਾਦਿ ਅਕਲਿ ਭਈ ਅਵਰੈ ਨਾਤਰੁ ਥਾ ਬੇਗਾਨਾ ॥੧॥ ਰਹਾਉ ॥ ਨਿਵਰੈ ਦੂਰਿ ਦੂਰਿ ਫੁਨਿ ਨਿਵਰੈ ਜਿਨਿ ਜੈਸਾ ਕਰਿ ਮਾਨਿਆ ॥ ਅਲਉਤੀ ਕਾ ਜੈਸੇ ਭਇਆ ਬਰੇਡਾ ਜਿਨਿ ਪੀਆ ਤਿਨਿ ਜਾਨਿਆ ॥੨॥ ਤੇਰੀ ਨਿਰਗੁਨ ਕਥਾ ਕਾਇ ਸਿਉ ਕਹੀਐ ਐਸਾ ਕੋਇ ਬਿਬੇਕੀ ॥ ਕਹੁ ਕਬੀਰ ਜਿਨਿ ਦੀਆ ਪਲੀਤਾ ਤਿਨਿ ਤੈਸੀ ਝਲ ਦੇਖੀ ॥੩॥੩॥੪੭॥ {ਪੰਨਾ 333}

ਪਦਅਰਥ:- ਉਲਟਤ—ਉਲਟਾਂਦਿਆਂ ਹੀ, ਪਰਤਾਂਦਿਆਂ ਹੀ । ਪਵਨ—ਹਵਾ, (ਮਨ ਦੀ) ਹਵਾ, ਮਨ ਦੀ ਚੰਚਲਤਾ, ਭਟਕਣਾ, ਵਿਕਾਰਾਂ ਵਲ ਦੌੜ । ਖਟੁ—ਛੇ । ਚਕ੍ਰ ਖਟੁ—ਛੇ ਚੱਕਰ {ਜੋਗੀ ਲੋਕ ਸਰੀਰ ਵਿਚ ਛੇ ਚੱਕ੍ਰ ਮੰਨਦੇ ਹਨ—(੧) ਮੂਲਾਧਾਰ (ਗੁਦਾ ਮੰਡਲ ਦਾ ਚੱਕਰ), (੨) ਸ੍ਵਾਧਿਸ਼ਠਾਨ (ਲਿੰਗ ਦੀ ਜੜ੍ਹ ਵਿਚ), (੩) ਮਣਿਪੁਰ ਚੱਕ੍ਰ (ਧੁੰਨੀ ਦੇ ਕੋਲ), (੪) ਅਨਾਹਤ ਚੱਕ੍ਰ (ਹਿਰਦੇ ਵਿਚ), (੫) ਵਿਸ਼ੁੱਧ ਚੱਕ੍ਰ (ਗਲੇ ਵਿਚ), (੬) ਆਗਿਆ ਚੱਕ੍ਰ (ਭਰਵੱਟਿਆਂ ਦੇ ਵਿਚਕਾਰ) । ਜਦੋਂ ਜੋਗੀ ਲੋਕ ਸਮਾਧੀ ਲਾਣ ਲੱਗਦੇ ਹਨ, ਤਾਂ ਪ੍ਰਾਣਾਯਾਮ ਨਾਲ ਸੁੱਧ ਕੀਤੀ ਹੋਈ ਪੌਣ ਨੂੰ ਗੁਦਾ ਦੇ ਨੇੜੇ ਇਕ ਕੁੰਡਲਨੀ ਨਾੜੀ ਵਿਚ ਚੜ੍ਹਾਉਂਦੇ ਹਨ, ਉਹ ਨਾੜੀ ਗੁਦਾ ਦੇ ਚੱਕ੍ਰ ਤੋਂ ਲੈ ਕੇ ਦਸਮ-ਦੁਆਰ ਤਕ ਅਪੜਦੀ ਹੈ । ਵਿਚਕਾਰਲੇ ਚੱਕ੍ਰਾਂ ਨਾਲ ਭੀ ਉਸ ਨਾੜੀ ਦਾ ਮੇਲ ਹੁੰਦਾ ਹੈ । ਸੋ, ਜੋਗੀ ਪਵਣ ਨੂੰ ਮੂਲਾਧਾਰ ਚੱਕ੍ਰ ਤੋਂ ਖਿੱਚ ਕੇ, ਵਿਚਕਾਰਲੇ ਚੱਕ੍ਰਾਂ ਵਿਚੋਂ ਦੀ ਲੰਘਾ ਦੇ ਦਸਮ-ਦੁਆਰ ਵਿਚ ਲੈ ਜਾਂਦੇ ਹਨ ਅਤੇ ਉੱਥੇ ਰੋਕ ਲੈਂਦੇ ਹਨ । ਜਿਤਨਾ ਚਿਰ ਸਮਾਧੀ ਲਾਈ ਰੱਖਣੀ ਹੋਵੇ, ਉਤਨਾ ਚਿਰ ਪ੍ਰਾਣਾਂ ਨੂੰ ਹੇਠ ਉਤਰਨ ਨਹੀਂ ਦੇਂਦੇ ।} ਭੇਦੇ—ਵਿੰਨ੍ਹੇ ਜਾਂਦੇ ਹਨ । ਸੁੰਨ—ਸੁੰਞ, ਅਫੁਰ ਅਵਸਥਾ, ਮਨ ਦੀ ਉਹ ਹਾਲਤ ਜਿੱਥੇ ਇਸ ਵਿਚ ਕੋਈ ਮਾਇਕ ਫੁਰਨਾ ਨਹੀਂ ਉਠਦਾ । ਅਨੁਰਾਗੀ—ਅਨੁਰਾਗ ਕਰਨ ਵਾਲਾ, ਪ੍ਰੇਮ ਕਰਨ ਵਾਲਾ, ਪ੍ਰੇਮੀ, ਆਸ਼ਿਕ । ਸੁੰਨ ਅਨੁਰਾਗੀ—ਸੁੰਨ ਦਾ ਪ੍ਰੇਮੀ, ਅਫੁਰ ਅਵਸਥਾ ਦਾ ਪ੍ਰੇਮੀ । ਜੀਵੈ—ਜੰਮਦਾ । ਤਾਸੁ—ਉਸ (ਪ੍ਰਭੂ) ਨੂੰ । ਖੋਜੁ—ਲੱਭ । ਬੈਰਾਗੀ—ਵੈਰਾਗਵਾਨ (ਹੋ ਕੇ), ਵਿਕਾਰਾਂ ਵਲੋਂ ਉਪਰਾਮ ਹੋ ਕੇ, ਨਫ਼ਸਾਨੀ ਖ਼ਾਹਸ਼ਾਂ ਵਲੋਂ ਹਟ ਕੇ ।੧।

ਮੇਰੇ ਮਨ—ਹੇ ਮੇਰੇ ਮਨ! ਮਨ ਹੀ ਉਲਟਿ—ਮਨ (ਦੀ ਪਵਨ) ਨੂੰ ਉਲਟਾ ਕੇ ਹੀ, ਮਨ ਦੀ ਵਿਕਾਰਾਂ ਵਲ ਦੀ

ਦੌੜ ਨੂੰ ਪਰਤਾ ਕੇ ਹੀ । ਸਮਾਨਾ—(ਪ੍ਰਭੂ ਵਿਚ) ਲੀਨ ਹੋ ਸਕੀਦਾ ਹੈ । ਪਰਸਾਦਿ—ਕਿਰਪਾ ਨਾਲ । ਭਈ ਅਵਰੈ—ਹੋਰ ਹੋ ਜਾਂਦੀ ਹੈ, ਬਦਲ ਜਾਂਦੀ ਹੈ । ਨਾਤਰੁ—ਨਹੀਂ ਤਾਂ, ਇਸ ਤੋਂ ਪਹਿਲਾਂ ਤਾਂ । ਥਾ—ਸੀ । ਬੇਗਾਨਾ—ਬਿਗਾਨਾ, ਓਪਰਾ, ਨਾਵਾਕਿਫ਼, (ਪ੍ਰਭੂ ਤੋਂ) ਵੱਖਰਾ ।੧।ਰਹਾਉ।

ਨਿਵਰੈ—ਨਿਅਰੈ, ਨੇੜੇ । ਜਿਨਿ—ਜਿਸ ਮਨੁੱਖ ਨੇ । ਜੈਸਾ ਕਰਿ—ਜਿਉਂ ਕਾ ਤਿਉਂ ਸਮਝ ਕੇ, ਸਹੀ ਤਰੀਕੇ ਨਾਲ, ਅਸਲ ਸਰੂਪ ਨੂੰ । ਅਲਉਤੀ—ਮਿਸਰੀ । ਬਰੇਡਾ—ਸ਼ਰਬਤ ।੨।

ਨਿਰਗੁਨ ਕਥਾ—ਉਸ ਸਰੂਪ (ਦੇ ਦੀਦਾਰ) ਦਾ ਬਿਆਨ ਜੋ ਮਾਇਆ ਦੇ ਤਿੰਨ ਗੁਣਾਂ ਤੋਂ ਪਰੇ ਹੈ; ਉਸ ਸਰੂਪ ਦਾ ਜ਼ਿਕਰ ਜਿਸ ਦੀ ਉਪਮਾ ਮਾਇਕ ਜਗਤ ਵਿਚੋਂ ਕਿਸੇ ਚੀਜ਼ ਨਾਲ ਦਿੱਤੀ ਨਾਹ ਜਾ ਸਕੇ । ਕਾਇ ਸਿਉ—ਕਿਸ ਬੰਦੇ ਨਾਲ? ਕੋਇ—ਕੋਈ ਵਿਰਲਾ । ਬਿਬੇਕੀ—ਵਿਚਾਰਵਾਨ । ਜਿਨਿ—ਜਿਸ ਮਨੁੱਖ ਨੇ । ਪਲੀਤਾ—(ਪ੍ਰੇਮ ਦਾ) ਪਲੀਤਾ । ਤਿਨਿ—ਉਸੇ ਮਨੁੱਖ ਨੇ । ਝਲ—ਝਲਕ, ਚਮਤਕਾਰ ।੩।

ਨੋਟ:- 'ਰਹਾਉ' ਦੀ ਤੁਕ ਵਿਚ ਅਤੇ ਪਹਿਲੇ 'ਬੰਦ' ਵਿਚ 'ਮਨ' ਨੂੰ ਸੰਬੋਧਨ ਕੀਤਾ ਗਿਆ ਹੈ ।

ਅਰਥ:- ਹੇ ਮੇਰੇ ਮਨ! ਜੀਵ ਪਹਿਲਾਂ ਤਾਂ ਪ੍ਰਭੂ ਤੋਂ ਓਪਰਾ ਓਪਰਾ ਰਹਿੰਦਾ ਹੈ (ਭਾਵ, ਪਰਮਾਤਮਾ ਬਾਰੇ ਇਸ ਨੂੰ ਕੋਈ ਸੂਝ ਨਹੀਂ ਹੁੰਦੀ; ਪਰ) ਸਤਿਗੁਰੂ ਦੀ ਕਿਰਪਾ ਨਾਲ ਜਿਸ ਦੀ ਸਮਝ ਹੋਰ ਤਰ੍ਹਾਂ ਦੀ ਹੋ ਜਾਂਦੀ ਹੈ, ਉਹ ਮਨ ਦੀ ਵਿਕਾਰਾਂ ਵਲ ਦੀ ਦੌੜ ਨੂੰ ਹੀ ਪਰਤਾ ਕੇ ਪ੍ਰਭੂ ਵਿਚ ਲੀਨ ਹੋ ਜਾਂਦਾ ਹੈ ।੧।ਰਹਾਉ।

(ਹੇ ਭਾਈ! ਵੈਰਾਗੀ ਹੋ ਕੇ) ਮਾਇਆ ਵਲੋਂ ਉਪਰਾਮ ਹੋ ਕੇ ਉਸ ਪ੍ਰਭੂ ਨੂੰ ਲੱਭ, ਜੋ ਨਾਹ ਆਉਂਦਾ ਹੈ ਨਾਹ ਜਾਂਦਾ ਹੈ, ਨਾਹ ਮਰਦਾ ਹੈ, ਨਾਹ ਜੰਮਦਾ ਹੈ । ਮਨ ਦੀ ਭਟਕਣਾ ਨੂੰ ਪਰਤਾਂਦਿਆਂ ਹੀ, (ਮਾਨੋ,) (ਜੋਗੀਆਂ ਦੇ ਦੱਸੇ ਹੋਏ) ਛੇ ਹੀ ਚੱਕ੍ਰ (ਇਕੱਠੇ ਹੀ) ਵਿੱਝ ਜਾਂਦੇ ਹਨ, ਅਤੇ ਸੁਰਤੀ ਉਸ ਅਵਸਥਾ ਦੀ ਆਸ਼ਿਕ ਹੋ ਜਾਂਦੀ ਹੈ ਜਿੱਥੇ ਵਿਕਾਰਾਂ ਦਾ ਕੋਈ ਫੁਰਨਾ ਪੈਦਾ ਹੀ ਨਹੀਂ ਹੁੰਦਾ ।੧।

(ਇਸ ਤਰ੍ਹਾਂ) ਜਿਸ ਮਨੁੱਖ ਨੇ ਪ੍ਰਭੂ ਨੂੰ ਸਹੀ ਸਰੂਪ ਵਿਚ ਸਮਝ ਲਿਆ ਹੈ, ਉਸ ਤੋਂ (ਉਹ ਕਾਮਾਦਿਕ) ਜੋ ਪਹਿਲਾਂ ਨੇੜੇ ਸਨ, ਦੂਰ ਹੋ ਜਾਂਦੇ ਹਨ, ਤੇ ਜੋ ਪ੍ਰਭੂ ਪਹਿਲਾਂ ਕਿਤੇ ਦੂਰ ਸੀ (ਭਾਵ, ਕਦੇ ਚੇਤੇ ਹੀ ਨਹੀਂ ਸੀ ਆਉਂਦਾ) ਹੁਣ ਅੰਗ-ਸੰਗ ਜਾਪਦਾ ਹੈ (ਪਰ ਇਹ ਇਕ ਐਸਾ ਅਨੁਭਵ ਹੈ ਜੋ ਬਿਆਨ ਨਹੀਂ ਕੀਤਾ ਜਾ ਸਕਦਾ, ਸਿਰਫ਼ ਮਾਣਿਆ ਹੀ ਜਾ ਸਕਦਾ ਹੈ) ਜਿਵੇਂ ਮਿਸਰੀ ਦਾ ਸ਼ਰਬਤ ਹੋਵੇ, ਉਸ ਦਾ ਆਨੰਦ ਉਸੇ ਮਨੁੱਖ ਨੇ ਜਾਣਿਆ ਹੈ ਜਿਸ ਨੇ (ਉਹ ਸ਼ਰਬਤ) ਪੀਤਾ ਹੈ ।੨।

ਹੇ ਕਬੀਰ! ਆਖ—(ਹੇ ਪ੍ਰਭੂ!) ਤੇਰੇ ਉਸ ਸਰੂਪ ਦੀਆਂ ਗੱਲਾਂ ਕਿਸ ਨਾਲ ਕੀਤੀਆਂ ਜਾਣ ਜਿਸ (ਸਰੂਪ) ਵਰਗਾ ਕਿਤੇ ਕੁਝ ਹੈ ਹੀ ਨਹੀਂ? (ਕਿਉਂਕਿ ਇੱਕ ਤਾਂ) ਕੋਈ ਵਿਰਲਾ ਹੀ ਅਜਿਹਾ ਵਿਚਾਰਵਾਨ ਹੈ (ਜੋ ਤੇਰੀਆਂ ਅਜਿਹੀਆਂ ਗੱਲਾਂ ਸੁਣਨ ਦਾ ਚਾਹਵਾਨ ਹੋਵੇ, ਤੇ ਦੂਜੇ, ਇਹ ਅਨੰਦ ਮਾਣਿਆ ਹੀ ਜਾ ਸਕਦਾ ਹੈ, ਬਿਆਨ ਤੋਂ ਪਰੇ ਹੈ) ਜਿਸ ਨੇ (ਜਿਤਨਾ ਕੁ) ਪ੍ਰੇਮ ਦਾ ਪਲੀਤਾ ਲਾਇਆ ਹੈ ਉਸੇ ਨੇ ਹੀ ਉਤਨੀ ਕੁ ਉਸ ਦੀ ਝਲਕ ਵੇਖੀ ਹੈ ।੩।੩।੪੭।

ਸ਼ਬਦ ਦਾ ਭਾਵ:- ਜਦੋਂ ਸਤਿਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਮਨੁੱਖ ਦੀ ਸਮਝ ਵਿਚ ਤਬਦੀਲੀ ਆਉਂਦੀ ਹੈ, ਤਾਂ ਉਸ ਦਾ ਮਨ ਵਿਕਾਰਾਂ ਵਲੋਂ ਹਟਦਾ ਹੈ, ਤੇ ਸੁਰਤ ਪ੍ਰਭੂ ਦਾ ਸਿਫ਼ਤਿ-ਸਾਲਾਹ ਵਿਚ ਜੁੜਦੀ ਹੈ । ਜਿਉਂ ਜਿਉਂ ਪ੍ਰਭੂ ਦੀ ਯਾਦ ਤੇ ਪ੍ਰਭੂ ਦਾ ਪਿਆਰ ਹਿਰਦੇ ਵਿਚ ਵਧਦਾ ਹੈ, ਜੀਵਨ ਵਿਚ ਇਕ ਅਜੀਬ ਸਰੂਰ ਪੈਦਾ ਹੁੰਦਾ ਹੈ । ਪਰ ਉਹ ਸਰੂਰ ਬਿਆਨ ਨਹੀਂ ਹੋ ਸਕਦਾ ।੪੭।

ਨੋਟ:- ਸ਼ਬਦ ਦਾ ਮੁਖ-ਭਾਵ 'ਰਹਾਉ' ਦੀ ਤੁਕ ਵਿਚ ਹੋਇਆ ਕਰਦਾ ਹੈ । ਪਹਿਲੀ ਤੁਕ ਵਿਚ ਦਿੱਤੇ ਹੋਏ ਛੇ

ਚੱਕ੍ਰਾਂ ਦੇ ਵਿੰਨ੍ਹਣ ਤੋਂ ਇਹ ਮਤਲਬ ਕਦੇ ਭੀ ਨਹੀਂ ਨਿਕਲ ਸਕਦਾ ਕਿ ਕਬੀਰ ਜੀ ਜੋਗ-ਸਮਾਧੀ ਦੀ ਪ੍ਰੋੜ੍ਹਤਾ ਕਰ ਰਹੇ ਹਨ । ਉਹ ਤਾਂ ਸਗੋਂ ਕਹਿ ਰਹੇ ਹਨ ਕਿ ਗੁਰੂ ਦੀ ਸ਼ਰਨ ਆ ਕੇ ਮਨ ਨੂੰ ਮਾਇਆ ਵਲੋਂ ਰੋਕਣ ਵਾਲੇ ਮਨੁੱਖ ਦੇ ਛੇ ਚੱਕ੍ਰ ਵਿੱਝ ਗਏ ਸਮਝੋ । ਨਰਮ ਜਿਹੇ ਲਫ਼ਜ਼ਾਂ ਵਿਚ ਕਹਿ ਦਿੱਤਾ ਹੈ ਕਿ ਇਹਨਾਂ ਛੇ ਚੱਕ੍ਰਾਂ ਨੂੰ ਵਿੰਨ੍ਹਣ ਦੀ ਲੋੜ ਹੀ ਨਹੀਂ ਹੈ ।

ਗਉੜੀ ॥ ਤਹ ਪਾਵਸ ਸਿੰਧੁ ਧੂਪ ਨਹੀ ਛਹੀਆ ਤਹ ਉਤਪਤਿ ਪਰਲਉ ਨਾਹੀ ॥ ਜੀਵਨ ਮਿਰਤੁ ਨ ਦੁਖੁ ਸੁਖੁ ਬਿਆਪੈ ਸੁੰਨ ਸਮਾਧਿ ਦੋਊ ਤਹ ਨਾਹੀ ॥੧॥ ਸਹਜ ਕੀ ਅਕਥ ਕਥਾ ਹੈ ਨਿਰਾਰੀ ॥ ਤੁਲਿ ਨਹੀ ਚਢੈ ਜਾਇ ਨ ਮੁਕਾਤੀ ਹਲੁਕੀ ਲਗੈ ਨ ਭਾਰੀ ॥੧॥ ਰਹਾਉ ॥ ਅਰਧ ਉਰਧ ਦੋਊ ਤਹ ਨਾਹੀ ਰਾਤਿ ਦਿਨਸੁ ਤਹ ਨਾਹੀ ॥ ਜਲੁ ਨਹੀ ਪਵਨੁ ਪਾਵਕੁ ਫੁਨਿ ਨਾਹੀ ਸਤਿਗੁਰ ਤਹਾ ਸਮਾਹੀ ॥੨॥ ਅਗਮ ਅਗੋਚਰੁ ਰਹੈ ਨਿਰੰਤਰਿ ਗੁਰ ਕਿਰਪਾ ਤੇ ਲਹੀਐ ॥ ਕਹੁ ਕਬੀਰ ਬਲਿ ਜਾਉ ਗੁਰ ਅਪੁਨੇ ਸਤਸੰਗਤਿ ਮਿਲਿ ਰਹੀਐ ॥੩॥੪॥੪੮॥ {ਪੰਨਾ 333}

ਨੋਟ:- ਟੀਕਾਕਾਰ ਸੱਜਣਾਂ ਨੇ ਇਸ ਸ਼ਬਦ ਬਾਰੇ ਵਖੋ-ਵਖ ਖ਼ਿਆਲ ਦਿੱਤੇ ਹਨ । ਕਿਸੇ ਨੇ ਲਿਖਿਆ ਹੈ ਕਿ ਇੱਥੇ ਗੁਰਾਂ ਦੇ ਰਹਿਣ ਦੇ ਅਸਥਾਨ ਦਾ ਜ਼ਿਕਰ ਹੈ; ਕਿਸੇ ਨੇ ਇਸ ਸ਼ਬਦ ਵਿਚ ਸਹਿਜ-ਸਰੂਪ ਪਰਮਾਤਮਾ ਦਾ ਬਿਆਨ ਸਮਝਿਆ ਹੈ; ਅਤੇ ਕਈ ਸੱਜਣ ਇੱਥੇ ਸਹਿਜ ਜਾਂ ਚੌਥੀ ਅਵਸਥਾ ਦਾ ਹਾਲ ਬਿਆਨ ਕੀਤਾ ਮੰਨਦੇ ਹਨ ।

ਪਰ ਸ਼ਬਦ ਦਾ ਅਰਥ ਕਰਨ ਵੇਲੇ ਕਿਸੇ ਸੱਜਣ ਨੇ ਭੀ ਹਰੇਕ ਲਫ਼ਜ਼ ਦੇ ਅਰਥ ਦੇਣ ਤੋਂ ਅਗਾਂਹ ਕਬੀਰ ਜੀ ਦਾ ਭਾਵ ਸਮਝਾਣ ਦੀ ਕੋਸ਼ਿਸ਼ ਨਹੀਂ ਕੀਤੀ । ਸਾਰੇ ਟੀਕਾਕਾਰ ਇਉਂ ਹੀ ਲਿਖਦੇ ਤੁਰੇ ਗਏ ਹਨ:

"ਉੱਥੇ ਵਰਖਾ-ਰੁੱਤ ਨਹੀਂ ਹੈ, ਨਾਹ ਸਮੁੰਦਰ ਹੈ, ਨਾਹ ਧੁੱਪ ਹੈ, ਨਾਹ ਛਾਂ । ......ਉਹ ਨਾਹ ਹੌਲੀ ਲਗਦੀ ਹੈ, ਨਾਹ ਭਾਰੀ । ਹੇਠਾਂ ਉਤਾਂਹ ਦਿਸ਼ਾ ਦਾ ਉੱਥੇ ਵਿਚਾਰ ਨਹੀਂ ਹੈ । ਨਾਹ ਰਾਤ ਹੈ ਨਾਹ ਦਿਨ, ਨਾਹ ਪਾਣੀ ਹੈ ਨਾਹ ਹਵਾ । ਸਤਿਗੁਰ ਉੱਥੇ ਵੱਸਦਾ ਹੈ ।....... "

ਇਸ ਅਰਥ ਵਿਚੋਂ ਇਹ ਸਮਝ ਨਹੀਂ ਪੈ ਸਕਦੀ ਕਿ ਕਬੀਰ ਜੀ ਦਾ ਅਸਲ ਭਾਵ ਕੀਹ ਹੈ, ਤੇ ਅਸਲੀ ਜੀਵਨ ਵਿਚ ਇਹ ਸ਼ਬਦ ਸਾਡੀ ਕੀਹ ਅਗਵਾਈ ਕਰ ਸਕਦਾ ਹੈ ।

ਹਰੇਕ ਸ਼ਬਦ ਦਾ ਮੁਖ ਭਾਵ 'ਰਹਾਉ' ਦੀਆਂ ਤੁਕਾਂ ਵਿਚ ਹੁੰਦਾ ਹੈ । ਇਥੇ ਸਾਫ਼ ਤੌਰ ਤੇ 'ਸਹਜ' ਅਵਸਥਾ ਦਾ ਜ਼ਿਕਰ ਹੈ । ਸੋ, ਇਹ ਆਖਣਾ ਗ਼ਲਤ ਹੈ, ਕਿ ਇਸ ਸ਼ਬਦ ਵਿਚ ਪਰਮਾਤਮਾ ਦੇ ਸਰੂਪ ਦਾ ਵਰਨਣ ਹੈ, ਜਾਂ ਗੁਰਾਂ ਦੇ ਰਹਿਣ ਦੇ ਅਸਥਾਨ ਦਾ ਬਿਆਨ ਹੈ ।

ਫਿਰ ਭੀ ਸਹਿਜ-ਅਵਸਥਾ ਬਾਬਤ ਇਹ ਆਖਣਾ ਕਿ 'ਓਥੇ ਧੁੱਪ ਨਹੀਂ, ਓਥੇ ਛਾਂ ਨਹੀਂ, ਉਥੇ ਮੀਂਹ ਨਹੀਂ, ਉਹ ਹੌਲੀ ਨਹੀਂ ਉਹ ਭਾਰੀ ਨਹੀਂ, ਉਥੇ ਦਿਨ ਨਹੀਂ ਉਥੇ ਰਾਤ ਨਹੀਂ, ਉਥੇ ਹਵਾ ਨਹੀਂ, ਉਥੇ ਪਾਣੀ ਨਹੀਂ, ਉਥੇ ਅੱਗ ਨਹੀਂ ।' ਇਹ ਇਕ ਅਜੀਬ ਜਿਹੀ ਗੱਲ ਜਾਪਦੀ ਹੈ । ਮਹਾਂਪੁਰਖਾਂ ਦੀ ਇਹ ਬਾਣੀ ਹਰੇਕ ਮਨੁੱਖ-ਮਾਤ੍ਰ ਦੇ ਜੀਵਨ-ਸਫ਼ਰ ਵਿਚ ਰਹਿਬਰੀ ਦਾ ਕੰਮ ਕਰਦੀ ਹੈ । ਕਵਿਤਾ ਦੇ ਦ੍ਰਿਸ਼ਟੀਕੋਣ ਤੋਂ ਚਾਹੇ ਕਿਤਨੀ ਭੀ ਉੱਚੀ ਤੇ ਡੂੰਘੀ ਆਤਮ-ਉਡਾਰੀ ਹੋਵੇ, ਫਿਰ ਭੀ ਇਸ ਨੂੰ ਪੜ੍ਹਨ ਵਾਲੇ ਨੇ ਪਹਿਲੀ ਗੱਲ ਇਹ ਵੇਖਣੀ ਹੈ ਕਿ ਮੈਨੂੰ ਇਸ ਵਿਚੋਂ ਜੀਵਨ-ਸਫ਼ਰ ਲਈ ਕਿਹੜਾ ਰਾਹ ਮਿਲਦਾ ਹੈ ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਥਾਂ ਥਾਂ ਤੇ 'ਸਹਿਜ' ਅਵਸਥਾ ਦਾ ਜ਼ਿਕਰ ਹੈ । ਨਾਮ-ਸਿਮਰਨ ਅਤੇ ਸਿਫ਼ਤਿ-

ਸਾਲਾਹ ਦੀ ਬਰਕਤਿ ਨਾਲ ਇਹ ਅਵਸਥਾ ਮਿਲਦੀ ਹੈ; ਜਿਵੇਂ:

'ਰਸਨਾ ਗੁਣ ਗੋਪਾਲ ਨਿਧਿ ਗਾਇਣ ॥ ਸਾਂਤਿ ਸਹਜੁ ਰਹਸੁ ਮਨਿ ਉਪਜਿਓ ਸਗਲੇ ਦੂਖ ਪਲਾਇਣ ॥੧॥ਰਹਾਉ॥ {ਟੋਡੀ ਮ: ੫

ਭਾਵ—ਪ੍ਰਭੂ ਦੀ ਸਿਫ਼ਤਿ-ਸਾਲਾਹ ਕੀਤਿਆਂ ਮਨੁੱਖ ਦੇ ਮਨ ਵਿਚ ਸਹਿਜ ਅਵਸਥਾ ਪੈਦਾ ਹੁੰਦੀ ਹੈ, ਮਨ ਵਿਚ ਸ਼ਾਂਤੀ ਉਪਜਦੀ ਹੈ, ਮਨ ਵਿਚ ਰਹੱਸ (ਖਿੜਾਉ) ਪੈਦਾ ਹੁੰਦਾ ਹੈ ।

ਇਥੋਂ ਇਹ ਗੱਲ ਸਾਫ਼ ਹੋ ਗਈ ਕਿ ਸਹਿਜ ਅਵਸਥਾ ਕੋਈ ਐਸੀ ਅਵਸਥਾ ਹੈ ਜਿਸ ਵਿਚ ਸ਼ਾਂਤੀ-ਖਿੜਾਓ ਦਾ ਹੋਣਾ ਜ਼ਰੂਰੀ ਹੈ ।

ਇਸੇ ਤਰ੍ਹਾਂ:- ਸਸੂ ਤੇ ਪਿਰਿ ਕੀਨੀ ਵਾਖਿ । ਦੇਰ ਜਿਠਾਣੀ ਮੁਈ ਦੂਖਿ ਸੰਤਾਪਿ । ਘਰ ਕੇ ਜਿਠੇਰੇ ਕੀ ਚੂਕੀ ਕਾਣਿ । ਪਿਰਿ ਰਖਿਆ ਕੀਨੀ ਸੁਘੜ ਸੁਜਾਣਿ ।੧। ਸੁਨਹੁ ਲੋਕਾ ਮੈ ਪ੍ਰੇਮ ਰਸੁ ਪਾਇਆ । ਦੁਰਜਨ ਮਾਰੇ ਵੈਰੀ ਸੰਘਾਰੇ, ਸਤਿਗੁਰਿ ਮੋਕਉ ਹਰਿ ਨਾਮੁ ਦਿਵਾਇਆ ।ਰਹਾਉ। ਪ੍ਰਥਮੇ ਤਿਆਗੀ ਹਉਮੈ ਪ੍ਰੀਤਿ । ਦੁਤੀਆ ਤਿਆਗੀ ਲੋਗਾ ਰੀਤਿ । ਤ੍ਰੈਗੁਣ ਤਿਆਗਿ ਦੁਰਜਨ ਮੀਤ ਸਮਾਨੇ । ਤੁਰੀਆ ਗੁਣੁ ਮਿਲਿ ਸਾਧ ਪਛਾਨੇ ।੨। ਸਹਜ ਗੁਫਾ ਮਹਿ ਆਸਣ ਬਾਧਿਆ । ਜੋਤਿ ਸਰੂਪ ਅਨਾਹਦੁ ਵਾਜਿਆ । ਮਹਾ ਅਨੰਦੁ ਗੁਰ ਸਬਦੁ ਵੀਚਾਰਿ । ਪ੍ਰਿਅ ਸਿਉ ਰਾਤੀ ਧਨ ਸੁਹਾਗਣਿ ਨਾਰਿ ।੩।੪।

{ਆਸਾ ਮ: ੫

ਭਾਵ—ਜਦੋਂ ਸਤਿਗੁਰੂ ਨੇ ਨਾਮ ਦੀ ਦਾਤ ਬਖ਼ਸ਼ੀ ਤਾਂ ਪ੍ਰਭੂ ਨਾਲ ਪ੍ਰੇਮ ਕਰਨ ਦਾ ਅਜਿਹਾ ਸੁਆਦ ਆਇਆ ਕਿ ਮਾਇਆ ਵਲੋਂ ਮੋਹ ਟੁੱਟ ਗਿਆ; ਹਉਮੈ ਤੇ ਲੋਕਲਾਜ ਆਦਿਕ ਮੁੱਕ ਗਏ, ਮਨ ਸਹਿਜ ਅਵਸਥਾ ਵਿਚ ਟਿਕ ਗਿਆ । ਜਿਉਂ ਜਿਉਂ ਸਤਿਗੁਰੂ ਦੇ ਸ਼ਬਦ ਵਿਚ ਚਿੱਤ ਜੋੜਿਆ; ਅਨੰਦ ਹੀ ਅਨੰਦ ਪੈਦਾ ਹੁੰਦਾ ਗਿਆ ।

ਮੁੱਕਦੀ ਗੱਲ, ਜਿਸ ਕਿਸੇ ਭੀ ਸ਼ਬਦ ਵਿਚ 'ਸਹਿਜ' ਅਵਸਥਾ ਦੀ ਖਿੱਚੀ ਹੋਈ ਤਸਵੀਰ ਵੇਖੋਗੇ, ਓਥੇ ਸ਼ਾਂਤੀ, ਠੰਢ, ਹਉਮੈ ਦਾ ਤਿਆਗ, ਖਿੜਾਓ ਆਦਿਕ ਦਾ ਜ਼ਿਕਰ ਦਿੱਸੇਗਾ । ਨਹੀਂ ਤਾਂ ਹੋਰ ਉਹ ਕਿਹੜਾ ਸਰੂਪ ਹੈ 'ਸਹਿਜ' ਦਾ, ਜੋ ਇਨਸਾਨੀ ਸਮਝ ਵਿਚ ਆ ਸਕੇ ਤੇ ਮਨੁੱਖ ਦੇ ਅਮਲੀ ਜੀਵਨ ਵਿਚ ਆ ਸਕੇ? ਸਤਿਗੁਰੂ ਦੀ ਬਾਣੀ ਨੇ ਇਨਸਾਨ ਦੇ ਜੀਵਨ ਵਿਚ ਤਬਦੀਲੀ ਪੈਦਾ ਕਰਨੀ ਹੈ; ਨਿਰਾ ਦਿਮਾਗ਼ੀ ਤੌਰ ਤੇ ਨਹੀਂ ਸਗੋਂ ਅਮਲੀ ਜੀਵਨ ਵਿਚ ਭੀ । ਸਾਧਾਰਨ ਤੌਰ ਤੇ ਆਸ਼ਾ-ਤ੍ਰਿਸ਼ਨਾ ਦਾ ਮਾਰਿਆ ਹੋਇਆ ਜੀਵ ਦਰ ਦਰ ਤੇ ਭਟਕਦਾ ਹੈ, ਚੰਚਲ ਮਨ ਇਸ ਨੂੰ ਹਰ ਪਾਸੇ ਭਜਾਈ ਫਿਰਦਾ ਹੈ । ਇਥੋਂ ਦੀਆਂ ਤਾਂਘਾਂ ਅਜੇ ਮੁੱਕਦੀਆਂ ਨਹੀਂ, ਪਰਲੋਕ ਦੇ ਭੀ ਕਈ ਨਕਸ਼ੇ ਖੜੇ ਕਰ ਲੈਂਦਾ ਹੈ । ਸੁਰਗ ਆਦਿਕ ਦੀਆਂ ਆਸਾਂ ਬਣਾ ਕੇ ਕਈ ਦੇਵੀ ਦੇਵਤਿਆਂ ਦੀ ਪੂਜਾ ਕਰਦਾ ਹੈ । ਉਹਨਾਂ ਦੇਵਤਿਆਂ ਦੇ ਰਹਿਣ ਦੇ ਅਜਬ ਅਜਬ ਟਿਕਾਣੇ ਇਸ ਨੇ ਮੰਨ ਰੱਖੇ ਹਨ ਕਈ 'ਲੋਕ' ਤੇ ਕਈ 'ਪੁਰੀਆਂ' ਇਸ ਦੇ ਮਨ ਨੂੰ ਖਿੱਚ ਪਾਂਦੀਆਂ ਹਨ । ਕਦੇ ਬ੍ਰਾਹਮਣਾਂ ਪੰਡਿਤਾਂ ਪਾਸੋਂ ਕਥਾ ਕਹਾਣੀਆਂ ਸੁਣ ਵੇਖੋ, ਇੰਦਰ-ਪੁਰੀ, ਸ਼ਿਵਪੁਰੀ, ਬ੍ਰਹਮਪੁਰੀ, ਵਿਸ਼ਨੂੰ-ਪੁਰੀ, ਸੂਰਜ-ਲੋਕ, ਚੰਦਰ-ਲੋਕ, ਪਿਤਰ-ਲੋਕ ਆਦਿਕ ਦੇ ਹੀ ਜ਼ਿਕਰ ਹੋਣਗੇ । ਸੁਣ ਸੁਣ ਕੇ ਸ੍ਰੋਤਾ-ਗਣਾਂ ਦੇ ਮੂੰਹ ਵਿਚ ਪਾਣੀ ਭਰ ਆਉਂਦਾ ਹੈ ਕਿ ਕਿਵੇਂ ਸਾਨੂੰ ਭੀ ਉਥੇ ਅੱਪੜਨਾ ਨਸੀਬ ਹੋਵੇ । ਤੀਰਥ ਯਾਤਰਾ, ਦਾਨ-ਪੁੰਨ ਆਦਿਕ ਸਾਰੇ ਕਰਮ-ਕਾਂਡ ਦਾ ਨਿਸ਼ਾਨਾ ਇਹੀ 'ਪੁਰੀਆਂ' ਤੇ 'ਲੋਕ' ਹਨ । ਇਹ ਗੱਲ ਉਥੇ ਕੋਈ ਵਿਰਲਾ ਸੋਚਦਾ ਹੈ ਕਿ ਜਿਹੜਾ ਜੀਵਨ ਜੀਉ ਰਹੇ ਹਾਂ, ਇਸ ਦਾ ਕੀਹ ਹਾਲ ਹੈ, ਇਥੇ ਮਨ ਨੂੰ ਕੋਈ ਠੰਢ-ਸ਼ਾਂਤੀ ਮਿਲਦੀ ਹੈ ਕਿ ਨਹੀਂ? ਤੇ ਜਿਹੜੇ ਨਿਸ਼ਾਨੇ ਇਹਨਾਂ ਧਾਰਮਿਕ ਬੰਦਿਆਂ ਨੇ ਬਣਾਏ ਹੁੰਦੇ ਹਨ ਉਹਨਾਂ ਦੀ ਅਸਲੀਅਤ ਇਉਂ ਦੱਸੀ ਜਾ ਰਹੀ ਹੈ:

"ਇੰਦ੍ਰ ਲੋਕ ਸਿਵ ਲੋਕਹਿ ਜੈਬੋ ॥ ਓਛੇ ਤਪ ਕਰਿ ਬਾਹਰਿ ਐਬੋ ॥੧॥ ਕਿਆ ਮਾਂਗਉ ਕਿਛੁ ਥਿਰੁ ਨਾਹੀ ॥ ਰਾਮ ਨਾਮ ਰਖੁ ਮਨ ਮਾਹੀ ॥੧॥ਰਹਾਉ॥........ਕਹਤ ਕਬੀਰ ਅਵਰ ਨਾਹੀ ਕਾਮਾ ॥ ਹਮਰੈ ਮਨ ਧਨ ਰਾਮ ਕੋ ਨਾਮਾ ॥੪॥੪॥ {ਧਨਾਸਰੀ ਕਬੀਰ ਜੀ

ਭਾਵ—ਤਪ ਆਦਿਕ ਕਰ ਕੇ ਇੰਦ੍ਰ-ਪੁਰੀ ਸ਼ਿਵ-ਪੁਰੀ ਆਦਿਕ ਵਿਚ ਅੱਪੜਨ ਦੀ ਤਾਂਘ ਛੱਡ ਦਿਉ । ਤੁਹਾਡੇ ਸ਼ਾਸਤ੍ਰ ਹੀ ਆਖਦੇ ਹਨ ਕਿ ਤਪਾਂ ਦਾ ਪ੍ਰਭਾਵ ਮੁੱਕਣ ਤੇ ਇਹਨਾਂ ਪੁਰੀਆਂ ਵਿਚੋਂ ਭੀ ਧੱਕਾ ਮਿਲ ਜਾਇਗਾ । ਸਦਾ ਸਾਥ ਨਿਭਾਉਣ ਵਾਲੀ ਰਾਸ-ਪੂੰਜੀ ਪ੍ਰਭੂ ਦਾ ਨਾਮ ਹੀ ਹੈ । ਅਤੇ;

ਕਵਨੁ ਅਸਥਾਨੁ ਜੋ ਕਬਹੁ ਨ ਟਰੈ ॥ ਕਵਨੁ ਸਬਦੁ ਜਿਤੁ ਦੁਰਮਤਿ ਹਰੈ ॥੧॥ਰਹਾਉ॥ ਇੰਦ੍ਰਪੁਰੀ ਮਹਿ ਸਰਪਰ ਮਰਣਾ ॥ ਬ੍ਰਹਮਪੁਰੀ ਨਿਹਚਲੁ ਨਹੀ ਰਹਿਣਾ ॥ ਸਿਵਪੁਰੀ ਕਾ ਹੋਇਗਾ ਕਾਲਾ ॥ ਤ੍ਰੈਗੁਣ ਮਾਇਆ ਬਿਨਸਿ ਬਿਤਾਲਾ ॥੨॥...ਸਹਜ ਸਿਫਤਿ ਭਗਤਿ ਤਤੁ ਗਿਆਨਾ ॥ ਸਦਾ ਅਨੰਦੁ ਨਿਹਚਲੁ ਸਚੁ ਥਾਨਾ ॥ ਤਹਾ ਸੰਗਤਿ ਸਾਧ ਗੁਣ ਰਸੈ ॥ ਅਨਭਉ ਨਗਰੁ ਤਹਾ ਸਦ ਵਸੈ ॥੬॥੪॥

{ਗਉੜੀ ਮਹਲਾ ੫, ਅਸਟਪਦੀਆਂ

ਭਾਵ—ਸਹਿਜ ਅਵਸਥਾ ਵਿਚ ਅੱਪੜ ਕੇ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨੀ—ਇਹ ਸਦਾ ਅਟੱਲ ਰਹਿਣ ਵਾਲੀ ਬਖ਼ਸ਼ਸ਼ ਹੈ । ਇਸ ਦੇ ਮੁਕਾਬਲੇ ਤੇ ਇੰਦ੍ਰਪੁਰੀ, ਬ੍ਰਹਮਪੁਰੀ, ਸ਼ਿਵਪੁਰੀ ਆਦਿਕ ਸਭ ਤੁੱਛ ਹਨ ।

"ਸਹਿਜ" ਇਨਸਾਨੀ ਮਨ ਦੀ ਇਕ ਖ਼ਾਸ ਹਾਲਤ ਦਾ ਨਾਮ ਹੈ, ਪੂਰਨ ਖਿੜਾਉ ਤੇ ਅਡੋਲਤਾ ਦਾ ਨਾਮ ਹੈ, ਜਿੱਥੇ ਅੱਪੜਿਆਂ ਦੁਨੀਆ ਦੇ ਵੱਡੇ ਤੋਂ ਵੱਡੇ ਲਾਲਚ ਮਨੁੱਖ ਨੂੰ ਡੇਗ ਨਹੀਂ ਸਕਦੇ । ਸੋ, ਕਬੀਰ ਜੀ ਦੇ ਇਸ ਸ਼ਬਦ ਵਿਚ ਚੂੰਕਿ 'ਸਹਿਜ' ਅਵਸਥਾ ਦਾ ਹੀ ਜ਼ਿਕਰ ਹੈ, ਇਸ ਦਾ ਅਰਥ ਕਰਨ ਲੱਗਿਆਂ ਇਹੀ ਖ਼ਿਆਲ ਰੱਖਣਾ ਹੈ ਕਿ ਇੱਥੇ ਮਨੁੱਖ ਦੀ ਇਕ ਉੱਚੀ ਆਤਮਕ ਅਵਸਥਾ ਦਾ ਹਾਲ ਹੈ, ਜੋ ਪੂਰੇ ਤੌਰ ਤੇ ਬਿਆਨ ਨਹੀਂ ਕੀਤੀ ਜਾ ਸਕਦੀ । ਸ਼ਬਦ ਵਿਚ ਜੋ ਪਾਵਸ, ਸਿੰਧ ਆਦਿਕ ਲਫ਼ਜ਼ ਵਰਤੇ ਗਏ ਹਨ, ਇਹਨਾਂ ਦੇ ਕੋਈ ਹੋਰ ਡੂੰਘੇ ਅਰਥ ਹਨ, ਜੋ "ਸਹਿਜ" ਦੇ ਨਾਲ ਢੁਕ ਸਕਦੇ ਹੋਣ ।

ਪਦਅਰਥ:- ਤਹ—ਉੱਥੇ, ਉਸ ਅਵਸਥਾ ਵਿਚ, ਸਹਿਜ ਅਵਸਥਾ ਵਿਚ । ਪਾਵਸ—ਵਰਖਾ, {ਨੋਟ:- ਵਰਖਾ ਦਾ ਰਾਜਾ ਇੰਦ੍ਰ ਮੰਨਿਆ ਗਿਆ ਹੈ । ਇਸ ਵਾਸਤੇ ਇਥੇ ਇਸ ਦਾ ਢੁਕਵਾਂ ਅਰਥ ਹੈ 'ਇੰਦ੍ਰਪੁਰੀ', ਜਿਥੇ ਵਰਖਾ ਦੀ ਕੋਈ ਥੁੜ ਹੀ ਨਹੀਂ ਹੋ ਸਕਦੀ} ਇੰਦ੍ਰਪੁਰੀ । ਸਿੰਧੁ—ਸਮੁੰਦਰ {ਨੋਟ:- ਪੁਰਾਣਾਂ ਅਨੁਸਾਰ ਵਿਸ਼ਨੂ ਭਗਵਾਨ ਖੀਰ ਸਮੁੰਦਰ ਵਿਚ ਨਿਵਾਸ ਰੱਖਦੇ ਹਨ}, ਖੀਰ ਸਮੁੰਦਰ, ਵਿਸ਼ਨੂਪੁਰੀ । ਧੂਪ—ਧੁੱਪ, ਧੁੱਪ ਦਾ ਸੋਮਾ ਸੂਰਜ, ਸੂਰਜਲੋਕ । ਛਹੀਆ—ਛਾਂ, ਚੰਦ੍ਰਲੋਕ । ਉਤਪਤਿ—ਪੈਦਾਇਸ਼ {ਨੋਟ:- ਸ੍ਰਿਸ਼ਟੀ ਨੂੰ ਪੈਦਾ ਕਰਨ ਵਾਲਾ ਬ੍ਰਹਮਾ ਨੂੰ ਮੰਨਿਆ ਗਿਆ ਹੈ, ਸੋ} ਬ੍ਰਹਮਪੁਰੀ । ਪਰਲਉ—ਨਾਸ, {ਸ਼ਿਵ, ਸਾਰੀ ਸ੍ਰਿਸ਼ਟੀ ਦਾ ਨਾਸ ਕਰਨ ਵਾਲਾ ਹੈ, ਸੋ} ਸ਼ਿਵਪੁਰੀ । ਸਮਾਧਿ—ਟਿਕਾਉ, ਜੁੜੀ ਹੋਈ ਸੁਰਤ । ਸੁੰਨ—ਸੁੰਞ, ਮਨ ਦੀ ਉਹ ਹਾਲਤ ਜਿਥੇ ਕੋਈ ਮਾਇਕ ਫੁਰਨਾ ਨਾ ਉਠੇ; ਮਾਇਕ ਫੁਰਨਿਆਂ ਵਲੋਂ ਸੁੰਞ ਵਾਲੀ ਆਤਮਕ ਅਵਸਥਾ । ਸੁੰਨ ਸਮਾਧਿ—ਮਨ ਦੀ ਉਹ ਟਿਕਵੀਂ ਹਾਲਤ ਜਿੱਥੇ ਵਿਕਾਰਾਂ ਵਾਲੇ ਕੋਈ ਫੁਰਨੇ ਨਹੀਂ ਉਠਦੇ । ਦੋਉ—ਦ੍ਵੈਤ, ਵਿਤਕਰਾ, ਮੇਰ-ਤੇਰ ।੧।

ਸਹਜ—{sh j॥Xq| eiq shj|} ਜੋ ਜੀਵ ਦੇ ਨਾਲ ਹੀ ਜੰਮਦਾ ਹੈ, ਜੋ ਆਤਮਾ ਦਾ ਆਪਣਾ ਅਸਲਾ ਹੈ, ਰੱਬੀ ਅਸਲਾ, ਸ਼ਾਂਤੀ, ਅਡੋਲਤਾ । ਅਕਥ—ਜੋ ਮੁਕੰਮਲ ਤੌਰ ਤੇ ਬਿਆਨ ਨਾਹ ਕੀਤੀ ਜਾ ਸਕੇ । ਨਿਰਾਰੀ—ਨਿਰਾਲੀ, ਅਨੋਖੀ । ਤੁਲਿ—ਤੱਕੜੀ ਉੱਤੇ । ਤੁਲਿ ਨਹੀ ਬਢੈ—ਤੋਲੀ ਨਹੀਂ ਜਾ ਸਕਦੀ, ਮਿਤ ਨਹੀਂ ਪਾਈ ਜਾ ਸਕਦੀ । ਜਾਇ ਨ ਮੁਕਾਤੀ—ਮੁਕਾਈ ਨਹੀਂ ਜਾ ਸਕਦੀ, ਉਸ ਦਾ ਅੰਤ ਨਹੀਂ ਪੈ ਸਕਦਾ ।੧।ਰਹਾਉ।

ਅਰਧ—ਨੀਵਾਂ । ਉਰਧ—ਉੱਚਾ । ਅਰਧ ਉਰਧ ਦੋਊ—ਅਰਧ ਉਰਧ ਦਾ ਵਿਤਕਰਾ, ਨੀਵੇਂ ਉੱਚੇ ਦਾ ਵਿਤਕਰਾ, ਇਹ ਖ਼ਿਆਲ ਕਿ ਫਲਾਣਾ ਉੱਚੀ ਜਾਤ ਆਦਿਕ ਦਾ ਹੈ ਤੇ ਫਲਾਣਾ ਨੀਵੀਂ ਦਾ । ਰਾਤਿ ਦਿਨਸੁ ਤਹ ਨਾਹੀ—ਉਸ ਸਹਿਜ ਅਵਸਥਾ ਵਿਚ ਜੀਵਾਂ ਦੀ ਰਾਤ ਵਾਲੀ ਹਾਲਤ ਭੀ ਨਹੀਂ ਤੇ ਦਿਨ ਵਾਲੀ ਭੀ ਨਹੀਂ । ਜੀਵ ਰਾਤ ਸੌਂ ਕੇ ਗੁਜ਼ਾਰ ਦੇਂਦੇ ਹਨ ਤੇ ਦਿਨ ਮਾਇਆ ਦੀ ਭਟਕਣਾ ਵਿਚ—ਇਹ ਦੋਵੇਂ ਗੱਲਾਂ ਸਹਿਜ ਅਵਸਥਾ ਵਿਚ ਨਹੀਂ ਹੁੰਦੀਆਂ । ਗ਼ਫ਼ਲਤ ਦੀ ਨੀਂਦ ਤੇ ਮਾਇਆ ਵਲ ਭਟਕਣਾ—ਇਹਨਾਂ ਦੋਹਾਂ ਦਾ ਉੱਥੇ ਅਭਾਵ ਹੈ । ਜਲੁ—ਪਾਣੀ, (ਸੰਸਾਰ-ਸਮੁੰਦਰ ਦੇ ਵਿਕਾਰਾਂ ਦਾ) ਜਲ । ਪਵਨੁ—ਹਵਾ, ਮਨ ਦੀ ਚੰਚਲਤਾ । ਪਾਵਕੁ—ਅੱਗ, ਤ੍ਰਿਸ਼ਨਾ ਦੀ ਅੱਗ ।੨।

ਅਗਮ—ਜਿਸ ਤਕ ਪਹੁੰਚ ਨਾਹ ਹੋ ਸਕੇ, ਅਪਹੁੰਚ । ਅਗੋਚਰੁ—ਅ-ਗੋ-ਚਰੁ, ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਾਹ ਹੋਵੇ । ਨਿਰੰਤਰਿ—{ਅੰਤਰ-ਵਿੱਥ} ਵਿੱਛ ਤੋਂ ਬਿਨਾ, ਇਕ-ਰਸ, ਸਦਾ ਹੀ ।੩।

ਅਰਥ:- ਮਨੁੱਖ ਦੇ ਮਨ ਦੀ ਅਡੋਲਤਾ ਇਕ ਐਸੀ ਹਾਲਤ ਹੈ ਜੋ (ਨਿਰਾਲੀ) ਆਪਣੇ ਵਰਗੀ ਆਪ ਹੀ ਹੈ, (ਇਸ ਵਾਸਤੇ) ਉਸ ਦਾ ਸਹੀ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ । ਇਹ ਅਵਸਥਾ ਕਿਸੇ ਚੰਗੇ ਤੋਂ ਚੰਗੇ ਸੁਖ ਨਾਲ ਭੀ ਸਾਵੀਂ ਤੋਲੀ-ਮਿਣੀ ਨਹੀਂ ਜਾ ਸਕਦੀ । (ਦੁਨੀਆ ਵਿਚ ਕੋਈ ਐਸਾ ਸੁਖ-ਐਸ਼੍ਵਰਜ ਨਹੀਂ ਹੈ ਜਿਸ ਦੇ ਟਾਕਰੇ ਤੇ ਇਹ ਆਖਿਆ ਜਾ ਸਕੇ ਕਿ 'ਸਹਿਜ' ਅਵਸਥਾ ਇਸ ਤੋਂ ਘਟੀਆ ਹੈ ਜਾਂ ਵਧੀਆ ਹੈ) । ਇਹ ਨਹੀਂ ਕਿਹਾ ਜਾ ਸਕਦਾ ਕਿ (ਦੁਨੀਆ ਦੇ ਵਧੀਆ ਤੋਂ ਵਧੀਆ ਕਿਸੇ ਸੁਖ ਨਾਲੋਂ) ਇਹ ਹੌਲੇ ਮੇਲ ਦੀ ਹੈ ਜਾਂ ਚੰਗੀ ਹੈ (ਭਾਵ, ਦੁਨੀਆ ਦਾ ਕੋਈ ਭੀ ਸੁਖ ਇਸ ਅਵਸਥਾ ਨਾਲ ਬਰਾਬਰੀ ਨਹੀਂ ਕਰ ਸਕਦਾ) ।੧।ਰਹਾਉ।

(ਉਹ ਅਡੋਲ ਅਵਸਥਾ ਐਸੀ ਹੈ ਕਿ) ਉਸ ਵਿਚ (ਅੱਪੜ ਕੇ ਮਨੁੱਖ ਨੂੰ) ਇੰਦ੍ਰਪੁਰੀ, ਵਿਸ਼ਨੂੰ-ਪੁਰੀ, ਸੂਰਜ-ਲੋਕ, ਚੰਦ੍ਰ-ਲੋਕ, ਬ੍ਰਹਮ-ਪੁਰੀ, ਸ਼ਿਵ-ਪੁਰੀ—(ਕਿਸੇ ਦੀ ਭੀ ਤਾਂਘ) ਨਹੀਂ ਰਹਿੰਦੀ । ਨਾਹ (ਹੋਰ ਹੋਰ) ਜੀਊਣ (ਦੀ ਲਾਲਸਾ), ਨਾਹ ਮੌਤ (ਦਾ ਡਰ), ਨਾਹ ਕੋਈ ਦੁਖ, ਨਾਹ ਸੁਖ (ਭਾਵ, ਦੁੱਖ ਤੋਂ ਘਬਰਾਹਟ ਜਾਂ ਸੁਖ ਦੀ ਤਾਂਘ), ਸਹਿਜ ਅਵਸਥਾ ਵਿਚ ਅੱਪੜਿਆਂ ਕੋਈ ਭੀ ਨਹੀਂ ਪੁੰਹਦਾ । ਉਹ ਮਨ ਦੀ ਇਕ ਅਜਿਹੀ ਟਿਕਵੀਂ ਹਾਲਤ ਹੁੰਦੀ ਹੈ ਕਿ ਉਸ ਵਿਚ ਵਿਕਾਰਾਂ ਦਾ ਕੋਈ ਫੁਰਨਾ ਉਠਦਾ ਹੀ ਨਹੀਂ, ਨਾਹ ਹੀ ਕੋਈ ਮੇਰ-ਤੇਰ ਰਹਿ ਜਾਂਦੀ ਹੈ ।੧।

'ਸਹਿਜ' ਵਿਚ ਅੱਪੜਿਆਂ ਨੀਵੇਂ ਉੱਚੇ ਵਾਲਾ ਕੋਈ ਵਿਤਕਰਾ ਨਹੀਂ ਰਹਿੰਦਾ; (ਇੱਥੇ ਅੱਪੜਿਆ ਮਨੁੱਖ) ਨਾਹ ਗ਼ਫ਼ਲਤ ਦੀ ਨੀਂਦ (ਸੌਂਦਾ ਹੈ), ਨਾਹ ਮਾਇਆ ਦੀ ਭਟਕਣਾ (ਵਿਚ ਭਟਕਦਾ ਹੈ) (ਕਿਉਂਕਿ) ਉਸ ਅਵਸਥਾ ਵਿਚ ਵਿਸ਼ੇ-ਵਿਕਾਰ, ਚੰਚਲਤਾ ਅਤੇ ਤ੍ਰਿਸ਼ਨਾ—ਇਹਨਾਂ ਦਾ ਨਾਮ-ਨਿਸ਼ਾਨ ਨਹੀਂ ਰਹਿੰਦਾ । (ਬੱਸ!) ਸਤਿਗੁਰੂ ਹੀ ਸਤਿਗੁਰੂ ਉਸ ਅਵਸਥਾ ਸਮੇ (ਮਨੁੱਖ ਦੇ ਹਿਰਦੇ ਵਿਚ) ਟਿਕੇ ਹੁੰਦੇ ਹਨ ।੨।

ਤਦੋਂ ਅਪਹੁੰਚ ਤੇ ਅਗੋਚਰ ਪਰਮਾਤਮਾ (ਭੀ ਮਨੁੱਖ ਦੇ ਹਿਰਦੇ ਵਿਚ) ਇੱਕ-ਰਸ ਸਦਾ (ਪਰਗਟ ਹੋਇਆ) ਰਹਿੰਦਾ ਹੈ, (ਪਰ) ਉਹ ਮਿਲਦਾ ਸਤਿਗੁਰੂ ਦੀ ਮਿਹਰ ਨਾਲ ਹੀ ਹੈ ।

ਹੇ ਕਬੀਰ! (ਤੂੰ ਭੀ) ਆਖ—ਮੈਂ ਆਪਣੇ ਗੁਰੂ ਤੋਂ ਸਦਕੇ ਹਾਂ, ਮੈਂ (ਆਪਣੇ ਗੁਰੂ ਦੀ) ਸੁਹਣੀ ਸੰਗਤ ਵਿਚ ਹੀ ਜੁੜਿਆ ਰਹਾਂ ।੩।੪।੪੮।

ਗਉੜੀ॰ ॥ ਪਾਪੁ ਪੁੰਨੁ ਦੁਇ ਬੈਲ ਬਿਸਾਹੇ ਪਵਨੁ ਪੂਜੀ ਪਰਗਾਸਿਓ ॥ ਤ੍ਰਿਸਨਾ ਗੂਣਿ ਭਰੀ ਘਟ ਭੀਤਰਿ ਇਨ ਬਿਧਿ ਟਾਂਡ ਬਿਸਾਹਿਓ ॥੧॥ ਐਸਾ ਨਾਇਕੁ ਰਾਮੁ ਹਮਾਰਾ ॥ ਸਗਲ ਸੰਸਾਰੁ ਕੀਓ

ਬਨਜਾਰਾ ॥੧॥ ਰਹਾਉ ॥ ਕਾਮੁ ਕ੍ਰੋਧੁ ਦੁਇ ਭਏ ਜਗਾਤੀ ਮਨ ਤਰੰਗ ਬਟਵਾਰਾ ॥ ਪੰਚ ਤਤੁ ਮਿਲਿ ਦਾਨੁ ਨਿਬੇਰਹਿ ਟਾਂਡਾ ਉਤਰਿਓ ਪਾਰਾ ॥੨॥ ਕਹਤ ਕਬੀਰੁ ਸੁਨਹੁ ਰੇ ਸੰਤਹੁ ਅਬ ਐਸੀ ਬਨਿ ਆਈ ॥ ਘਾਟੀ ਚਢਤ ਬੈਲੁ ਇਕੁ ਥਾਕਾ ਚਲੋ ਗੋਨਿ ਛਿਟਕਾਈ ॥੩॥੫॥੪੯॥ {ਪੰਨਾ 333}

ਪਦਅਰਥ:- ਬੈਲ—ਬਲਦ । ਬਿਸਾਹੇ—ਖ਼ਰੀਦੇ ਹਨ । ਪਵਨੁ—ਸੁਆਸ । ਪੂਜੀ—ਰਾਸ । ਪਰਗਾਸਿਓ—('ਸਾਰਾ ਸੰਸਾਰ') ਪਰਗਟ ਹੋਇਆ ਹੈ, ਜੰਮਿਆ ਹੈ । ਗੂਣਿ—ਛੱਟ, ਜਿਸ ਵਿਚ ਸੌਦਾ ਪਾਇਆ ਹੁੰਦਾ ਹੈ । ਘਟ ਭੀਤਰਿ—ਹਿਰਦੇ ਵਿਚ । ਇਨ ਬਿਧਿ—ਇਸ ਤਰੀਕੇ ਨਾਲ । ਟਾਂਡ—ਮਾਲ, ਸੌਦਾ, ਵਪਾਰ ਦੇ ਮਾਲ ਨਾਲ ਲੱਦਿਆ ਹੋਇਆ ਬੈਲਾਂ ਦਾ ਵੱਗ । ਬਿਸਾਹਿਓ—ਖ਼ਰੀਦਿਆ ਹੈ ।੧।

ਨਾਇਕੁ—ਸ਼ਾਹ ।੧।ਰਹਾਉ।

ਜਗਾਤੀ—ਮਸੂਲੀਏ । ਮਤ ਤਰੰਗ—ਮਨ ਦੇ ਤਰੰਗ, ਮਨ ਦੀਆਂ ਲਹਿਰਾਂ । ਬਟਵਾਰਾ—ਡਾਕੂ, ਲੁਟੇਰੇ । ਪੰਚ ਤਤੁ—ਪੰਜ ਤੱਤੀ ਸਰੀਰ । ਦਾਨੁ—ਬਖ਼ਸ਼ਸ਼, ਰੱਬ ਵਲੋਂ ਮਿਲੀ ਹੋਈ ਸੁਆਸਾਂ ਦੀ ਪੂੰਜੀ-ਰੂਪ ਬਖ਼ਸ਼ਸ਼ । ਨਿਬੇਰਹਿ—ਮੁਕਾਉਂਦੇ ਹਨ । ਟਾਂਡਾ—ਲੱਦਿਆ ਹੋਇਆ ਵਪਾਰ ਦਾ ਮਾਲ । ਉਤਰਿਓ ਪਾਰਾ—ਅਗਲੇ ਪਾਸੇ ਲੰਘ ਜਾਂਦਾ ਹੈ ।੨।

ਅਬ—ਹੁਣ (ਜਦੋਂ ਰਾਮ ਦੇ ਨਾਮ ਦੀ ਘਾਟੀ ਚੜ੍ਹਨੀ ਸ਼ੁਰੂ ਕੀਤੀ) । ਐਸੀ ਬਨਿ ਆਈ—ਅਜਿਹੀ ਹਾਲਤ ਬਣ ਗਈ ਹੈ । ਬੈਲੁ ਇਕੁ—(ਪਾਪ ਤੇ ਪੁੰਨ ਦੋ ਬੈਲਾਂ ਵਿਚੋਂ) ਇੱਕ ਬੈਲ, ਪਾਪ-ਰੂਪ ਬੈਲ । ਚਲੋ—ਤੁਰ ਪਿਆ (=ਚਲ੍ਹੋ); ਨੋਟ:- ਅੱਖਰ 'ਲ' ਦੇ ਹੇਠ ਅੱਧਾ ਯ ਪੜ੍ਹਨਾ ਹੈ {ਇਹ ਲਫ਼ਜ਼ 'ਹੁਕਮੀ ਭਵਿਖਤ' Imperative mood ਨਹੀਂ ਹੈ, ਉਸ ਦਾ ਜੋੜ "ਚਲਹੁ" ਹੁੰਦਾ ਹੈ} । ਗੋਨਿ—(ਤ੍ਰਿਸ਼ਨਾ ਦੀ) ਛੱਟ । ਛਿਟਕਾਈ—ਸੁੱਟ ਕੇ ।੩।

ਅਰਥ:- (ਸਾਰੇ ਸੰਸਾਰੀ ਜੀਵ-ਰੂਪ ਵਣਜਾਰਿਆਂ ਨੇ) ਪਾਪ ਅਤੇ ਪੁੰਨ ਦੋ ਬਲਦ ਮੁੱਲ ਲਏ ਹਨ, ਸੁਆਸਾਂ ਦੀ ਪੂੰਜੀ ਲੈ ਕੇ ਜੰਮੇ ਹਨ (ਭਾਵ, ਮਾਨੋ, ਜਗਤ ਵਿਚ ਵਪਾਰ ਕਰਨ ਆਏ ਹਨ) । (ਹਰੇਕ ਦੇ) ਹਿਰਦੇ ਵਿਚ ਤ੍ਰਿਸ਼ਨਾ ਦੀ ਛੱਟ ਲੱਦੀ ਪਈ ਹੈ । ਸੋ, ਇਸ ਤਰ੍ਹਾਂ (ਇਹਨਾਂ ਜੀਵਾਂ ਨੇ) ਮਾਲ ਲੱਦਿਆ ਹੈ ।੧।

ਸਾਡਾ ਪ੍ਰਭੂ ਕੁਝ ਅਜਿਹਾ ਸ਼ਾਹ ਹੈ ਕਿ ਉਸ ਨੇ ਸਾਰੇ ਜਗਤ (ਭਾਵ, ਸਾਰੇ ਸੰਸਾਰੀ ਜੀਵਾਂ) ਨੂੰ ਵਪਾਰੀ ਬਣਾ (ਕੇ ਜਗਤ ਵਿਚ) ਘੱਲਿਆ ਹੈ ।੧।ਰਹਾਉ।

ਕਾਮ ਅਤੇ ਕ੍ਰੋਧ ਦੋਵੇਂ (ਇਹਨਾਂ ਜੀਵ-ਵਪਾਰੀਆਂ ਦੇ ਰਾਹ ਵਿਚ ਮਸੂਲੀਏ ਬਣੇ ਹੋਏ ਹਨ (ਭਾਵ, ਸੁਆਸਾਂ ਦੀ ਪੂੰਜੀ ਦਾ ਕੁਝ ਹਿੱਸਾ ਕਾਮ ਅਤੇ ਕ੍ਰੋਧ ਵਿਚ ਫਸਣ ਨਾਲ ਮੁੱਕਦਾ ਜਾ ਰਿਹਾ ਹੈ), ਜੀਵਾਂ ਦੇ ਮਨਾਂ ਦੇ ਤਰੰਗ ਲੁਟੇਰੇ ਬਣ ਰਹੇ ਹਨ (ਭਾਵ, ਮਨ ਦੇ ਕਈ ਕਿਸਮ ਦੇ ਤਰੰਗ ਉਮਰ ਦਾ ਕਾਫ਼ੀ ਹਿੱਸਾ ਖ਼ਰਚ ਕਰੀ ਜਾ ਰਹੇ ਹਨ) ਇਹ ਕਾਮ ਕ੍ਰੋਧ ਅਤੇ ਮਨ-ਤਰੰਗ ਮਨੁੱਖਾ-ਸਰੀਰ ਨਾਲ ਮਿਲ ਕੇ ਸਾਰੀ ਦੀ ਸਾਰੀ ਉਮਰ-ਰੂਪ ਰਾਸ ਮੁਕਾਈ ਜਾ ਰਹੇ ਹਨ, ਅਤੇ ਤ੍ਰਿਸ਼ਨਾ-ਰੂਪ ਮਾਲ (ਜੋ ਜੀਵਾਂ ਨੇ ਲੱਦਿਆ ਹੋਇਆ ਹੈ, ਹੂ-ਬ-ਹੂ) ਪਾਰਲੇ ਬੰਨੇ ਲੰਘਦਾ ਜਾ ਰਿਹਾ ਹੈ (ਭਾਵ, ਜੀਵ ਜਗਤ ਤੋਂ ਨਿਰੀ ਤ੍ਰਿਸ਼ਨਾ ਹੀ ਆਪਣੇ ਨਾਲ ਲਈ ਜਾਂਦੇ ਹਨ) ।੨।

ਕਬੀਰ ਆਖਦਾ ਹੈ—ਹੇ ਸੰਤ ਜਨੋ! ਸੁਣੋ, ਹੁਣ ਅਜਿਹੀ ਹਾਲਤ ਬਣ ਰਹੀ ਹੈ ਕਿ ਪ੍ਰਭੂ ਦਾ ਸਿਮਰਨ-ਰੂਪ ਚੜ੍ਹਾਈ ਦਾ ਔਖਾ ਪੈਂਡਾ ਕਰਨ ਵਾਲੇ ਜੀਵ-ਵਣਜਾਰਿਆਂ ਦਾ ਪਾਪ-ਰੂਪ ਇੱਕ ਬਲਦ ਥੱਕ ਗਿਆ ਹੈ । ਉਹ

ਬੈਲ ਤ੍ਰਿਸ਼ਨਾ ਦੀ ਛੱਟ ਸੁੱਟ ਕੇ ਨੱਸ ਗਿਆ ਹੈ (ਭਾਵ, ਜੋ ਜੀਵ ਵਣਜਾਰੇ ਨਾਮ ਸਿਮਰਨ ਵਾਲੇ ਔਖੇ ਰਾਹ ਤੇ ਤੁਰਦੇ ਹਨ, ਉਹ ਪਾਪ ਕਰਨੇ ਛੱਡ ਦੇਂਦੇ ਹਨ ਅਤੇ ਉਹਨਾਂ ਦੀ ਤ੍ਰਿਸ਼ਨਾ ਮੁੱਕ ਜਾਂਦੀ ਹੈ) ।੩।੫।੪੯।

ਸ਼ਬਦ ਦਾ ਭਾਵ:- ਇਹ ਜਗਤ ਵਪਾਰ ਦੀ ਮੰਡੀ ਹੈ, ਜੀਵ ਵਪਾਰੀ ਹਨ, ਹਰੇਕ ਜੀਵ ਨੂੰ ਸੁਆਸਾਂ ਦੀ ਰਾਸ ਮਿਲੀ ਹੈ । ਪਰ ਆਮ ਤੌਰ ਤੇ ਹਰ ਕੋਈ ਤ੍ਰਿਸ਼ਨਾ ਦੀ ਛੱਟ ਚੁੱਕੀ ਫਿਰਦਾ ਹੈ; ਕਾਮ ਕ੍ਰੋਧ ਅਤੇ ਹੋਰ ਮਨ-ਤਰੰਗਾਂ ਵਿਚ ਜੀਵਾਂ ਦੀ ਉਮਰ ਮੁੱਕ ਜਾਂਦੀ ਹੈ ਅਤੇ ਤ੍ਰਿਸ਼ਨਾ-ਬੱਧੇ ਹੀ ਇਥੋਂ ਤੁਰ ਜਾਂਦੇ ਹਨ । ਜਿਸ ਕਿਸੇ ਵਿਰਲੇ ਜੀਵ ਨੇ ਪ੍ਰਭੂ ਦੇ ਨਾਮ-ਸਿਮਰਨ ਦਾ ਔਖਾ ਰਾਹ ਮੱਲਿਆ ਹੈ, ਉਹ ਪਾਪਾਂ ਤੋਂ ਬਚ ਜਾਂਦਾ ਹੈ ਤੇ ਉਸ ਦੀ ਤ੍ਰਿਸ਼ਨਾ ਇੱਥੇ ਹੀ ਮੁੱਕ ਜਾਂਦੀ ਹੈ ।੪੯।

ਗਉੜੀ• ਪੰਚਪਦਾ ॥ ਪੇਵਕੜੈ ਦਿਨ ਚਾਰਿ ਹੈ ਸਾਹੁਰੜੈ ਜਾਣਾ ॥ ਅੰਧਾ ਲੋਕੁ ਨ ਜਾਣਈ ਮੂਰਖੁ ਏਆਣਾ ॥੧॥ ਕਹੁ ਡਡੀਆ ਬਾਧੈ ਧਨ ਖੜੀ ॥ ਪਾਹੂ ਘਰਿ ਆਏ ਮੁਕਲਾਊ ਆਏ ॥੧॥ ਰਹਾਉ ॥ ਓਹ ਜਿ ਦਿਸੈ ਖੂਹੜੀ ਕਉਨ ਲਾਜੁ ਵਹਾਰੀ ॥ ਲਾਜੁ ਘੜੀ ਸਿਉ ਤੂਟਿ ਪੜੀ ਉਠਿ ਚਲੀ ਪਨਿਹਾਰੀ ॥੨॥ ਸਾਹਿਬੁ ਹੋਇ ਦਇਆਲੁ ਕ੍ਰਿਪਾ ਕਰੇ ਅਪੁਨਾ ਕਾਰਜੁ ਸਵਾਰੇ ॥ ਤਾ ਸੋਹਾਗਣਿ ਜਾਣੀਐ ਗੁਰ ਸਬਦੁ ਬੀਚਾਰੇ ॥੩॥ ਕਿਰਤ ਕੀ ਬਾਂਧੀ ਸਭ ਫਿਰੈ ਦੇਖਹੁ ਬੀਚਾਰੀ ॥ ਏਸ ਨੋ ਕਿਆ ਆਖੀਐ ਕਿਆ ਕਰੇ ਵਿਚਾਰੀ ॥੪॥ ਭਈ ਨਿਰਾਸੀ ਉਠਿ ਚਲੀ ਚਿਤ ਬੰਧਿ ਨ ਧੀਰਾ ॥ ਹਰਿ ਕੀ ਚਰਣੀ ਲਾਗਿ ਰਹੁ ਭਜੁ ਸਰਣਿ ਕਬੀਰਾ ॥੫॥੬॥੫੦॥ {ਪੰਨਾ 333-334}

ਪਦਅਰਥ:- ਪੇਵਕੜੈ—{ਪੇਵਕਾ—ਪਿਉ ਦਾ, ਪੇਵ ਕਾ (ਘਰ)} ਪਿਉ ਦੇ ਘਰ ਵਿਚ, ਇਸ ਸੰਸਾਰ ਵਿਚ । ਸਾਹੁਰੜੈ—ਸਹੁਰੇ ਘਰ ਵਿਚ, ਪਰਲੋਕ ਵਿਚ । ਏਆਣਾ—ਅੰਞਾਣ ।੧।

ਕਹੁ—ਦੱਸੋ । ਡਡੀਆ—ਅੱਧੀ ਧੋਤੀ ਜੋ ਘਰ ਵਿਚ ਕੰਮ-ਕਾਜ ਕਰਨ ਵੇਲੇ ਬੰਨ੍ਹੀਦੀ ਹੈ । ਧਨ—ਇਸਤ੍ਰੀ । ਡਡੀਆ...ਖੜੀ—ਇਸਤ੍ਰੀ ਅਜੇ ਘਰ ਦੇ ਕੰਮ-ਕਾਜ ਵਾਲੀ ਧੋਤੀ ਹੀ ਬੰਨ੍ਹ ਕੇ ਖਲੋਤੀ ਹੋਈ ਹੈ, ਜੀਵ-ਇਸਤ੍ਰੀ ਅਜੇ ਲਾ-ਪ੍ਰਵਾਹ ਹੀ ਹੈ । ਪਾਹੂ—ਪ੍ਰਾਹੁਣੇ । ਘਰਿ—ਘਰ ਵਿਚ । ਮੁਕਲਾਊ—ਮੁਕਲਾਵਾ ਲੈ ਜਾਣ ਵਾਲੇ ।੧।ਰਹਾਉ।

ਓਹ ਖੂਹੜੀ—ਉਹ ਸੁੰਦਰ ਜਿਹੀ ਖੂਹੀ । ਜਿ ਦਿਸੈ—ਜੋ ਦਿੱਸ ਰਹੀ ਹੈ । ਉਹ...ਖੂਹੜੀ—ਇਹ ਜੋ ਸੋਹਣੀ ਖੂਹੀ ਦਿੱਸ ਰਹੀ ਹੈ, ਇਹ ਜੋ ਸੁਹਣਾ ਜਗਤ ਦਿੱਸ ਰਿਹਾ ਹੈ । ਕਉਨ—ਕਿਹੜੀ ਜੀਵ-ਇਸਤ੍ਰੀ? ਲਾਜੁ—ਰੱਸੀ {ਲਫ਼ਜ਼ 'ਲਾਜੁ' ਅਤੇ 'ਲਾਜ' ਵਿਚ ਫ਼ਰਕ ਚੇਤੇ ਰੱਖਣ-ਜੋਗ ਹੈ । 'ਲਾਜੁ' ਸੰਸਕ੍ਰਿਤ ਦੇ ਲਫ਼ਜ਼ 'ਰੱਜੁ' {r^j|} ਤੋਂ ਬਣਿਆ ਹੋਇਆ ਹੈ, ਇਸ ਦੇ ਅਖ਼ੀਰ ਵਿਚ (ੁ) ਹੈ । ਸੰਸਕ੍ਰਿਤ ਵਿਚ ਇਹ ਪੁਲਿੰਗ ਸੀ, ਪੁਰਾਣੀ ਤੇ ਨਵੀਂ ਪੰਜਾਬੀ ਵਿਚ ਇਸਤ੍ਰੀ-ਲਿੰਗ ਹੈ । ਲਫ਼ਜ਼ 'ਲਾਜ' ਦਾ ਅਰਥ ਹੈ 'ਸ਼ਰਮ, ਹਯਾ'; ਇਸ ਦੇ ਅੰਤ ਵਿਚ (ੁ) ਨਹੀਂ ਹੈ} । ਵਹਾਰੀ—ਪਾ ਰਹੀ ਹੈ । ਸਿਉ—ਸਮੇਤ । ਪਨਿਹਾਰੀ—ਪਾਣੀ ਭਰਨ ਵਾਲੀ, ਵਿਸ਼ੇ ਭੋਗਣ ਵਾਲਾ ਜੀਵ ।੨।

ਸੋਹਾਗਣਿ—ਸੋਹਾਗ ਵਾਲੀ, ਖਸਮ ਵਾਲੀ, ਖਸਮ ਨੂੰ ਯਾਦ ਰੱਖਣ ਵਾਲੀ ।੩।

ਕਿਰਤ—ਕੀਤੇ ਹੋਏ (ਕੰਮ) । ਕਿਰਤ ਦੀ ਬਾਂਧੀ—ਪਿਛਲੇ ਕੀਤੇ ਹੋਏ ਕੰਮਾਂ ਦੇ ਸੰਸਕਾਰਾਂ ਦੀ ਬੱਝੀ ਹੋਈ । ਸਭ—ਸਾਰੀ ਸ੍ਰਿਸ਼ਟੀ । ਬੀਚਾਰੀ—ਵਿਚਾਰ ਕੇ । ਏਸ ਨੋ—ਇਸ ਜੀਵ ਨੂੰ । ਵਿਚਾਰੀ—ਨਿਤਾਣੀ ਜੀਵ-ਇਸਤ੍ਰੀ ।੪।

ਨਿਰਾਸੀ—ਆਸਾਂ ਪੂਰੀਆਂ ਹੋਣ ਤੋਂ ਬਿਨਾ ਹੀ । ਨ ਬੰਧਿ—ਨ ਬੰਧੈ, ਨਹੀਂ ਬੱਝਦੀ । ਧੀਰਾ—ਧੀਰਜ, ਟਿਕਾਉ । ਭਜੁ—ਪਉ ।੫।

ਅਰਥ:- ਅੰਵਾਣਾ ਮੂਰਖ ਅੰਨ੍ਹਾ ਜਗਤ ਨਹੀਂ ਜਾਣਦਾ ਕਿ (ਜੀਵ-ਇਸਤ੍ਰੀ ਨੇ ਇਸ ਸੰਸਾਰ-ਰੂਪ) ਪੇਕੇ ਘਰ ਵਿਚ ਚਾਰ ਦਿਨ (ਭਾਵ, ਥੋੜੇ ਦਿਨ) ਹੀ ਰਹਿਣਾ ਹੈ, (ਹਰੇਕ ਨੇ ਪਰਲੋਕ-ਰੂਪ) ਸਹੁਰੇ ਘਰ (ਜ਼ਰੂਰ) ਜਾਣਾ ਹੈ ।੧।

ਦੱਸੋ! (ਇਹ ਕੀਹ ਅਚਰਜ ਖੇਡ ਹੈ?) ਮੁਕਲਾਵਾ ਲੈ ਜਾਣ ਵਾਲੇ ਪ੍ਰਾਹੁਣੇ (ਭਾਵ, ਜਿੰਦ ਨੂੰ ਲੈ ਜਾਣ ਵਾਲੇ ਜਮ) ਘਰ ਵਿਚ ਆਏ ਬੈਠੇ ਹਨ, ਤੇ ਇਸਤ੍ਰੀ ਅਜੇ ਘਰ ਦੇ ਕੰਮ-ਕਾਜ ਵਾਲੀ ਅੱਧੀ ਧੋਤੀ ਹੀ ਬੰਨ੍ਹ ਕੇ ਖਲੋਤੀ ਹੈ, ਅੱਧੜ ਵੰਜੇ ਹੀ ਫਿਰਦੀ ਹੈ, (ਭਾਵ, ਜੀਵ-ਇਸਤ੍ਰੀ ਇਸ ਸੰਸਾਰ ਦੇ ਮੋਹ ਵਿਚ ਹੀ ਲਾ-ਪਰਵਾਹ ਹੈ) ।੧।ਰਹਾਉ।

ਇਹ ਜੋ ਸੁਹਣੀ ਖੂਹੀ ਦਿੱਸ ਰਹੀ ਹੈ (ਭਾਵ, ਇਹ ਜੋ ਸੁਹਣਾ ਜਗਤ ਦਿੱਸ ਰਿਹਾ ਹੈ) ਇਸ ਵਿਚ ਕਿਹੜੀ ਇਸਤ੍ਰੀ ਲੱਜ ਵਹਾ ਰਹੀ ਹੈ (ਭਾਵ, ਇੱਥੇ ਜੋ ਭੀ ਆਉਂਦਾ ਹੈ, ਆਪਣੀ ਉਮਰ ਸੰਸਾਰਕ ਭੋਗਾਂ ਵਿਚ ਗੁਜ਼ਾਰਨ ਲੱਗ ਪੈਂਦਾ ਹੈ) । ਜਿਸ ਦੀ ਲੱਜ ਘੜੇ ਸਮੇਤ ਟੁੱਟ ਜਾਂਦੀ ਹੈ (ਭਾਵ, ਜਿਸ ਦੀ ਉਮਰ ਮੁੱਕ ਜਾਂਦੀ ਹੈ, ਤੇ ਸਰੀਰ ਢਹਿ ਪੈਂਦਾ ਹੈ) ਉਹ ਪਾਣੀ ਭਰਨ ਵਾਲੀ (ਭਾਵ, ਭੋਗਾਂ ਵਿਚ ਪ੍ਰਵਿਰਤ) ਇੱਥੋਂ ਉੱਠ ਕੇ (ਪਰਲੋਕ ਨੂੰ) ਤੁਰ ਪੈਂਦੀ ਹੈ ।੨।

ਜੇ ਪ੍ਰਭੂ-ਮਾਲਕ ਦਿਆਲ ਹੋ ਜਾਏ, (ਜੀਵ-ਇਸਤ੍ਰੀ ਉੱਤੇ) ਮਿਹਰ ਕਰੇ ਤਾਂ ਉਹ (ਜੀਵ-ਇਸਤ੍ਰੀ ਨੂੰ ਸੰਸਾਰ-ਖੂਹੀ ਵਿਚੋਂ ਭੋਗਾਂ ਦਾ ਪਾਣੀ ਕੱਢਣ ਤੋਂ ਬਚਾਣ ਦਾ) ਕੰਮ ਆਪਣਾ ਜਾਣ ਕੇ ਆਪ ਹੀ ਸਿਰੇ ਚੜ੍ਹਾਉਂਦਾ ਹੈ; (ਉਸ ਦੀ ਮਿਹਰ ਨਾਲ ਜੀਵ-ਇਸਤ੍ਰੀ ਜਦੋਂ) ਗੁਰੂ ਦੇ ਸ਼ਬਦ ਨੂੰ ਵਿਚਾਰਦੀ ਹੈ (ਭਾਵ, ਚਿੱਤ ਵਿਚ ਵਸਾਉਂਦੀ ਹੈ) ਤਾਂ ਉਹ ਖਸਮ ਵਾਲੀ ਸਮਝੀ ਜਾਂਦੀ ਹੈ ।੩।

(ਪਰ, ਹੇ ਭਾਈ!) ਜੇ ਵਿਚਾਰ ਕੇ ਵੇਖੋ, ਤਾਂ ਇਸ ਜੀਵ-ਇਸਤ੍ਰੀ ਨੂੰ ਕੀਹ ਦੋਸ਼? ਇਹ ਨਮਾਣੀ ਕੀਹ ਕਰ ਸਕਦੀ ਹੈ? (ਇੱਥੇ ਤਾਂ) ਸਾਰੀ ਲੁਕਾਈ ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦੀ ਬੱਝੀ ਹੋਈ ਭਟਕ ਰਹੀ ਹੈ ।੪।

ਆਸਾਂ ਸਿਰੇ ਨਹੀਂ ਚੜ੍ਹਦੀਆਂ, ਮਨ ਧੀਰਜ ਨਹੀਂ ਫੜਦਾ ਤੇ (ਜੀਵ-ਇਸਤ੍ਰੀ ਇੱਥੋਂ) ਉੱਠ ਤੁਰਦੀ ਹੈ । ਹੇ ਕਬੀਰ! (ਇਸ ਨਿਰਾਸਤਾ ਤੋਂ ਬਚਣ ਲਈ) ਤੂੰ ਪ੍ਰਭੂ ਦੀ ਚਰਨੀਂ ਲੱਗਾ ਰਹੁ, ਪ੍ਰਭੂ ਦਾ ਆਸਰਾ ਲਈ ਰੱਖ ।੫।੬।੫੦।

ਸ਼ਬਦ ਦਾ ਭਾਵ:- ਅਚਰਜ ਖੇਡ ਬਣੀ ਪਈ ਹੈ । ਜੋ ਭੀ ਜੀਵ ਇੱਥੇ ਆਉਂਦਾ ਹੈ, ਮਾਲਕ-ਪ੍ਰਭੂ ਵਲੋਂ ਗ਼ਾਫਲ ਹੋ ਕੇ ਦੁਨੀਆ ਦੇ ਭੋਗਾਂ ਵਿਚ ਰੁੱਝ ਜਾਂਦਾ ਹੈ । ਪਰ ਫਿਰ ਭੀ ਮੌਜਾਂ ਦੀਆਂ ਮਿਥੀਆਂ ਹੋਈਆਂ ਆਸਾਂ ਪੂਰੀਆਂ ਨਹੀਂ ਹੁੰਦੀਆਂ । ਉਮਰ ਮੁੱਕ ਜਾਂਦੀ ਹੈ ਤੇ ਨਿਰਾਸਤਾ ਵਿਚ ਹੀ ਤੁਰਨਾ ਪੈਂਦਾ ਹੈ । ਜਿਸ ਜੀਵ ਉੱਤੇ ਪ੍ਰਭੂ ਮਿਹਰ ਕਰਦਾ ਹੈ ਉਹ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਪ੍ਰਭੂ ਦੀ ਯਾਦ ਵਿਚ ਜੁੜਦਾ ਹੈ ।੫੦।

ਗਉੜੀ• ॥ ਜੋਗੀ ਕਹਹਿ ਜੋਗੁ ਭਲ ਮੀਠਾ ਅਵਰੁ ਨ ਦੂਜਾ ਭਾਈ ॥ ਰੁੰਡਿਤ ਮੁੰਡਿਤ ਏਕੈ ਸਬਦੀ ਏਇ ਕਹਹਿ ਸਿਧਿ ਪਾਈ ॥੧॥ ਹਰਿ ਬਿਨੁ ਭਰਮਿ ਭੁਲਾਨੇ ਅੰਧਾ ॥ ਜਾ ਪਹਿ ਜਾਉ ਆਪੁ ਛੁਟਕਾਵਨਿ ਤੇ ਬਾਧੇ ਬਹੁ ਫੰਧਾ ॥੧॥ ਰਹਾਉ ॥ ਜਹ ਤੇ ਉਪਜੀ ਤਹੀ ਸਮਾਨੀ ਇਹ ਬਿਧਿ ਬਿਸਰੀ

ਤਬ ਹੀ ॥ ਪੰਡਿਤ ਗੁਣੀ ਸੂਰ ਹਮ ਦਾਤੇ ਏਹਿ ਕਹਹਿ ਬਡ ਹਮ ਹੀ ॥੨॥ ਜਿਸਹਿ ਬੁਝਾਏ ਸੋਈ ਬੂਝੈ ਬਿਨੁ ਬੂਝੇ ਕਿਉ ਰਹੀਐ ॥ ਸਤਿਗੁਰੁ ਮਿਲੈ ਅੰਧੇਰਾ ਚੂਕੈ ਇਨ ਬਿਧਿ ਮਾਣਕੁ ਲਹੀਐ ॥੩॥ ਤਜਿ ਬਾਵੇ ਦਾਹਨੇ ਬਿਕਾਰਾ ਹਰਿ ਪਦੁ ਦ੍ਰਿੜੁ ਕਰਿ ਰਹੀਐ ॥ ਕਹੁ ਕਬੀਰ ਗੂੰਗੈ ਗੁੜੁ ਖਾਇਆ ਪੂਛੇ ਤੇ ਕਿਆ ਕਹੀਐ ॥੪॥੭॥੫੧॥ {ਪੰਨਾ 334}

ਪਦਅਰਥ:- ਕਹਹਿ—ਆਖਦੇ ਹਨ । ਭਲ—ਚੰਗਾ । ਅਵਰੁ—ਕੋਈ ਹੋਰ ਸਾਧਨ । ਭਾਈ—ਹੇ ਭਾਈ! ਰੁੰਡ—ਸਿਰ ਤੋਂ ਬਿਨਾ ਨਿਰਾ ਧੜ । ਰੁੰਡਿਤ ਮੁੰਡਿਤ—ਰੋਡ-ਮੋਡ ਕੀਤੇ ਹੋਏ ਸਿਰਾਂ ਵਾਲੇ, ਸਰੇਵੜੇ ਤੇ ਸੰਨਿਆਸੀ । ਏਕ ਸਬਦੀ—ਅਲੱਖ ਅਲੱਖ ਆਖਣ ਵਾਲੇ ਅਵਧੂਤ, ਗੁਸਾਈਂ ਦੱਤ ਮਤ ਦੇ ਲੋਕ, ਜੋ ਲੱਕ ਨਾਲ ਉੱਨ ਦੇ ਰੱਸੇ ਬੰਨ੍ਹ ਰਖਦੇ ਹਨ ਤੇ ਹੱਥਾਂ ਵਿਚ ਚਿੱਪੀਆਂ ਰੱਖਦੇ ਹਨ । ਏਇ—ਇਹ ਸਾਰੇ । ਸਿਧਿ—ਸਫਲਤਾ ।੧।

ਭਰਮਿ—ਭਰਮ ਵਿਚ, ਭੁਲੇਖੇ ਵਿਚ । ਜਾ ਪਹਿ—ਜਿਸ ਕੋਲ । ਜਾਉ—ਮੈਂ ਜਾਂਦਾ ਹਾਂ । ਆਪੁ—ਆਪਾ-ਭਾਵ, ਹਉਮੈ । ਛੁਟਕਾਵਨਿ—ਦੂਰ ਕਰਾਣ ਲਈ । ਤੇ—ਉਹ ਸਾਰੇ । ਫੰਧਾ—ਫਾਹੀਆਂ ਵਿਚ ।੧।ਰਹਾਉ।

ਜਹ ਤੇ—ਜਿਸ ਥਾਂ ਤੋਂ, ਜਿਸ ਕਾਰਨ ਤੋਂ । ਉਪਜੀ—ਪੈਦਾ ਹੋਈ ਹੈ, ਇਹ ਹਉਮੈ ਵਾਲੀ ਹਾਲਤ ਪੈਦਾ ਹੋਈ ਹੈ । ਤਹੀ—ਉਸੇ ਵਿਚ, ਉਸੇ ਕਾਰਨ ਵਿਚ (ਜਿਸ ਨੇ ਹਉਮੈ ਪੈਦਾ ਕੀਤੀ) {ਨੋਟ:- ਇਸ 'ਉਪਜੀ' ਹਉਮੈ ਦਾ ਕਾਰਨ 'ਰਹਾਉ' ਦੀ ਤੁਕ ਵਿਚ ਦਿੱਤਾ ਗਿਆ ਹੈ, ਉਹ ਹੈ 'ਹਰਿ ਬਿਨੁ' ਭਾਵ, ਪ੍ਰਭੂ ਤੋਂ ਵਿਛੋੜਾ} । ਸਮਾਨੀ—ਸਮਾਈ ਹੋਈ ਹੈ, ਸਾਰੀ ਲੋਕਾਈ ਟਿਕੀ ਪਈ ਹੈ । ਇਹ ਬਿਧਿ—ਇਸੇ ਕਰਕੇ । ਤਬ ਹੀ—ਤਾਹੀਏਂ । ਬਿਸਰੀ—ਭੁੱਲੀ ਹੋਈ ਹੈ, ਦੁਨੀਆ ਭੁਲੇਖੇ ਵਿਚ ਪਈ ਹੋਈ ਹੈ । ਸੂਰ—ਸੂਰਮੇ । ਦਾਤੇ—ਦਾਨ ਕਰਨ ਵਾਲੇ । ਏਹਿ—ਇਹ ਸਾਰੇ ।੨।

ਜਿਸਹਿ—ਜਿਸ ਨੂੰ । ਸੋਈ—ਉਹੀ ਮਨੁੱਖ । ਕਿਉ ਰਹੀਐ—ਰਿਹਾ ਨਹੀਂ ਜਾ ਸਕਦਾ, ਜੀਊਣਾ ਵਿਅਰਥ ਹੈ । ਚੂਕੈ—ਮੁੱਕ ਜਾਂਦਾ ਹੈ । ਮਾਣਕੁ—ਨਾਮ-ਰੂਪ ਲਾਲ । ਲਹੀਐ—ਮਿਲਦਾ ਹੈ ।੩।

ਤਜਿ—ਤਜ ਕੇ, ਛੱਡ ਕੇ । ਬਾਵੇ ਦਾਹਨੇ ਬਿਕਾਰਾ—ਖੱਬੇ ਸੱਜੇ ਪਾਸੇ ਦੇ ਵਿਕਾਰ, ਲਾਂਭ ਦੇ ਵਿਕਾਰਾਂ ਦੇ ਫੁਰਨੇ । ਹਰਿ ਪਦੁ—ਪ੍ਰਭੂ (ਦੇ ਚਰਨਾਂ ਵਿਚ ਜੁੜੇ ਰਹਿਣ) ਦਾ ਦਰਜਾ । ਦ੍ਰਿੜੁ—ਪੱਕਾ । ਕਹੁ—ਆਖ । ਕਿਆ ਕਹੀਐ—ਕਿਹਾ ਨਹੀਂ ਜਾ ਸਕਦਾ, ਬਿਆਨ ਨਹੀਂ ਹੋ ਸਕਦਾ ।੪।

ਅਰਥ:- ਜੋਗੀ ਆਖਦੇ ਹਨ—ਹੇ ਭਾਈ! ਜੋਗ (ਦਾ ਮਾਰਗ ਹੀ) ਚੰਗਾ ਤੇ ਮਿੱਠਾ ਹੈ, (ਇਸ ਵਰਗਾ) ਹੋਰ ਕੋਈ (ਸਾਧਨ) ਨਹੀਂ ਹੈ । ਸਰੇਵੜੇ ਸੰਨਿਆਸੀ ਅਵਧੂਤ, ਇਹ ਸਾਰੇ ਆਖਦੇ ਹਨ—ਅਸਾਂ ਹੀ ਸਿੱਧੀ ਲੱਭੀ ਹੈ ।੧।

ਅੰਨ੍ਹੇ ਲੋਕ ਪਰਮਾਤਮਾ ਨੂੰ ਵਿਸਾਰ ਕੇ (ਪ੍ਰਭੂ ਦਾ ਸਿਮਰਨ ਛੱਡ ਕੇ) ਭੁਲੇਖੇ ਵਿਚ ਪਏ ਹੋਏ ਹਨ; (ਇਹੀ ਕਾਰਨ ਹੈ ਕਿ) ਮੈਂ ਜਿਸ ਜਿਸ ਕੋਲ ਹਉਮੈ ਤੋਂ ਛੁਟਕਾਰਾ ਕਰਾਣ ਜਾਂਦਾ ਹਾਂ, ਉਹ ਸਾਰੇ ਆਪ ਹੀ ਹਉਮੈ ਦੀਆਂ ਕਈ ਫਾਹੀਆਂ ਵਿਚ ਬੱਝੇ ਹੋਏ ਹਨ ।੧।ਰਹਾਉ।

ਜਿਸ (ਪ੍ਰਭੂ-ਵਿਛੋੜੇ) ਤੋਂ ਇਹ ਹਉਮੈ ਉਪਜਦੀ ਹੈ ਉਸ (ਪ੍ਰਭੂ ਵਿਛੋੜੇ) ਵਿਚ ਹੀ (ਸਾਰੀ ਲੋਕਾਈ) ਟਿਕੀ ਪਈ ਹੈ (ਭਾਵ, ਪ੍ਰਭੂ ਦੀ ਯਾਦ ਭੁਲਾਇਆਂ ਮਨੁੱਖ ਦੇ ਅੰਦਰ ਹਉਮੈ ਪੈਦਾ ਹੁੰਦੀ ਹੈ ਤੇ ਸਾਰੀ ਲੋਕਾਈ ਪ੍ਰਭੂ ਨੂੰ ਹੀ ਭੁਲਾਈ ਬੈਠੀ ਹੈ), ਇਸੇ ਕਰਕੇ ਤਾਹੀਏਂ ਦੁਨੀਆ ਭੁਲੇਖੇ ਵਿਚ ਹੈ (ਭਾਵ, ਹਰੇਕ ਭੇਖ ਵਾਲਾ ਆਪਣੇ ਹੀ ਬਾਹਰਲੇ ਚਿੰਨ੍ਹ ਆਦਿਕਾਂ ਨੂੰ ਜੀਵਨ ਦਾ ਸਹੀ ਰਸਤਾ ਕਹਿ ਰਿਹਾ ਹੈ) । ਪੰਡਿਤ, ਗੁਣੀ, ਸੂਰਮੇ, ਦਾਤੇ; ਇਹ

ਸਾਰੇ (ਨਾਮ ਤੋਂ ਵਿੱਛੜ ਕੇ) ਇਹੀ ਆਖਦੇ ਹਨ ਕਿ ਅਸੀ ਸਭ ਤੋਂ ਵੱਡੇ ਹਾਂ ।੨।

ਜਿਸ ਮਨੁੱਖ ਨੂੰ ਪ੍ਰਭੂ ਆਪ ਮੱਤ ਦੇਂਦਾ ਹੈ ਉਹੀ (ਅਸਲ ਗੱਲ) ਸਮਝਦਾ ਹੈ ਤੇ (ਉਸ ਅਸਲ ਗੱਲ ਦੇ) ਸਮਝਣ ਤੋਂ ਬਿਨਾ ਜੀਵਨ ਹੀ ਵਿਅਰਥ ਹੈ । (ਉਹ ਅਸਲ ਇਹ ਹੈ ਕਿ ਜਦੋਂ ਮਨੁੱਖ ਨੂੰ) ਸਤਿਗੁਰੂ ਮਿਲਦਾ ਹੈ (ਤਾਂ ਇਸ ਦੇ ਮਨ ਵਿਚੋਂ ਹਉਮੈ ਦਾ) ਹਨੇਰਾ ਦੂਰ ਹੋ ਜਾਂਦਾ ਹੈ ਤੇ ਇਸ ਤਰ੍ਹਾਂ (ਇਸ ਨੂੰ ਅੰਦਰੋਂ ਹੀ ਨਾਮ-ਰੂਪ) ਲਾਲ ਲੱਭ ਪੈਂਦਾ ਹੈ ।੩।

ਸੋ, ਹੇ ਕਬੀਰ । ਆਖ—ਲਾਂਭ ਦੇ ਵਿਕਾਰਾਂ ਦੇ ਫੁਰਨੇ ਛੱਡ ਕੇ ਪ੍ਰਭੂ ਦੀ ਯਾਦ ਦਾ (ਸਾਹਮਣੇ ਵਾਲਾ) ਨਿਸ਼ਾਨਾ ਪੱਕਾ ਕਰ ਰੱਖਣਾ ਚਾਹੀਦਾ ਹੈ । (ਤੇ ਜਿਵੇਂ) ਗੁੰਗੇ ਮਨੁੱਖ ਨੇ ਗੁੜ ਖਾਧਾ ਹੋਵੇ (ਤਾਂ) ਪੁੱਛਿਆਂ (ਉਸ ਦਾ ਸੁਆਦ) ਨਹੀਂ ਦੱਸ ਸਕਦਾ (ਤਿਵੇਂ ਪ੍ਰਭੂ ਦੇ ਚਰਨਾਂ ਵਿਚ ਜੁੜਨ ਦਾ ਅਨੰਦ ਬਿਆਨ ਨਹੀਂ ਕੀਤਾ ਜਾ ਸਕਦਾ) ।੪।੭।੫੧।

ਸ਼ਬਦ ਦਾ ਭਾਵ:- ਕੋਈ ਜੋਗੀ ਹੋਵੇ, ਸਰੇਵੜਾ ਹੋਵੇ, ਸੰਨਿਆਸੀ ਹੋਵੇ, ਪੰਡਿਤ ਹੋਵੇ, ਸੂਰਮਾ ਹੋਵੇ, ਦਾਨੀ ਹੋਵੇ—ਕੋਈ ਭੀ ਹੋਵੇ, ਜੋ ਮਨੁੱਖ ਪ੍ਰਭੂ ਦੀ ਬੰਦਗੀ ਨਹੀਂ ਕਰਦਾ ਉਸ ਦੀ ਹਉਮੈ ਦੂਰ ਨਹੀਂ ਹੁੰਦੀ, ਤੇ ਹਉਮੈ ਦੂਰ ਹੋਣ ਤੋਂ ਬਿਨਾ ਉਹ ਅਜੇ ਔਝੜੇ ਭਟਕ ਰਿਹਾ ਹੈ । ਸਹੀ ਜੀਵਨ ਲਈ ਚਾਨਣ ਕਰਨ ਵਾਲਾ ਪ੍ਰਭੂ ਦਾ ਨਾਮ ਹੀ ਹੈ ਤੇ ਇਹ ਨਾਮ ਸਤਿਗੁਰੂ ਤੋਂ ਮਿਲਦਾ ਹੈ ।੫੧।

ਰਾਗੁ ਗਉੜੀ ਪੂਰਬੀ॰ ਕਬੀਰ ਜੀ ॥ ੴ ਸਤਿਗੁਰ ਪ੍ਰਸਾਦਿ ॥ ਜਹ ਕਛੁ ਅਹਾ ਤਹਾ ਕਿਛੁ ਨਾਹੀ ਪੰਚ ਤਤੁ ਤਹ ਨਾਹੀ ॥ ਇੜਾ ਪਿੰਗੁਲਾ ਸੁਖਮਨ ਬੰਦੇ ਏ ਅਵਗਨ ਕਤ ਜਾਹੀ ॥੧॥ ਤਾਗਾ ਤੂਟਾ ਗਗਨੁ ਬਿਨਸਿ ਗਇਆ ਤੇਰਾ ਬੋਲਤੁ ਕਹਾ ਸਮਾਈ ॥ ਏਹ ਸੰਸਾ ਮੋ ਕਉ ਅਨਦਿਨੁ ਬਿਆਪੈ ਮੋ ਕਉ ਕੋ ਨ ਕਹੈ ਸਮਝਾਈ ॥੧॥ ਰਹਾਉ ॥ ਜਹ ਬਰਭੰਡੁ ਪਿੰਡੁ ਤਹ ਨਾਹੀ ਰਚਨਹਾਰੁ ਤਹ ਨਾਹੀ ॥ ਜੋੜਨਹਾਰੋ ਸਦਾ ਅਤੀਤਾ ਇਹ ਕਹੀਐ ਕਿਸੁ ਮਾਹੀ ॥੨॥ ਜੋੜੀ ਜੁੜੈ ਨ ਤੋੜੀ ਤੂਟੈ ਜਬ ਲਗੁ ਹੋਇ ਬਿਨਾਸੀ ॥ ਕਾ ਕੋ ਠਾਕੁਰੁ ਕਾ ਕੋ ਸੇਵਕੁ ਕੋ ਕਾਹੂ ਕੈ ਜਾਸੀ ॥੩॥ ਕਹੁ ਕਬੀਰ ਲਿਵ ਲਾਗਿ ਰਹੀ ਹੈ ਜਹਾ ਬਸੇ ਦਿਨ ਰਾਤੀ ॥ ਉਆ ਕਾ ਮਰਮੁ ਓਹੀ ਪਰੁ ਜਾਨੈ ਓਹੁ ਤਉ ਸਦਾ ਅਬਿਨਾਸੀ ॥੪॥੧॥੫੨॥

ਪਦਅਰਥ:- ਜਹ—ਜਿੱਥੇ, ਜਿਸ ਮਨ ਵਿਚ । ਕਛੁ—ਕੁਝ । ਅਹਾ—ਸੀ । ਪੰਚ ਤਤੁ—ਪੰਜਾਂ ਤੱਤਾਂ ਤੋਂ ਬਣੇ ਹੋਏ ਸਰੀਰ (ਦਾ ਮੋਹ), ਦੇਹ-ਅੱਧਿਆਸ । ਇੜਾ—ਸੱਜੀ ਨਾਸ, ਸੱਜੀ ਸੁਰ । ਪਿੰਗਲਾ—ਖੱਬੀ ਸੁਰ । ਸੁਖਮਨ—ਇੜਾ ਤੇ ਪਿੰਗਲਾ ਦੇ ਵਿਚਕਾਰ (ਭਰਵੱਟਿਆਂ ਦੇ ਵਿਚਕਾਰ) ਨਾੜੀ ਦੀ ਥਾਂ ਜਿਥੇ ਜੋਗੀ ਲੋਕ ਪ੍ਰਾਣਾਯਾਮ ਵੇਲੇ ਪ੍ਰਾਣ ਟਿਕਾਉਂਦੇ ਹਨ । ਬੰਦੇ—ਹੇ ਬੰਦੇ! ਹੇ ਭਾਈ! {ਨੋਟ:- ਕਈ ਸੱਜਣ ਇਸ ਦਾ ਅਰਥ ਕਰਦੇ ਹਨ—'ਬੰਦ ਕਰਦਾ ਸੀ' । ਇਹ ਠੀਕ ਨਹੀਂ; ਇਸ ਹਾਲਤ ਵਿਚ ਇਸ ਲਫ਼ਜ਼ ਜਾ ਜੋੜ 'ਬੰਧੇ' ਹੁੰਦਾ) । ਅਵਗਨ—ਕੋਝੇ ਕੰਮ । ਕਤ ਜਾਹੀ—ਕਿਥੇ ਚਲੇ ਜਾਂਦੇ ਹਨ? (ਭਾਵ, ਦੂਰ ਹੋ ਜਾਂਦੇ ਹਨ) ।੧।

ਤਾਗਾ—ਧਾਗਾ, ਮੋਹ ਦੀ ਤਾਰ । ਗਗਨੁ—ਅਕਾਸ਼, ਪਸਾਰਾ, ਮੋਹ ਦਾ ਪਸਾਰਾ । ਤੇਰਾ ਬੋਲਤੁ—'ਤੇਰਾ' ਬੋਲਣ ਵਾਲਾ (ਭਾਵ, 'ਮੇਰ ਤੇਰ' ਆਖਣ ਵਾਲਾ ਮਨ, ਵਿਤਕਰੇ ਕਰਨ ਦਾ ਸੁਭਾਉ) । ਕਹਾ ਸਮਾਈ—ਕਿਥੇ ਜਾ ਲੀਨ ਹੁੰਦਾ ਹੈ? (ਭਾਵ, ਪਤਾ ਨਹੀਂ ਕਿਥੇ ਜਾਂਦਾ ਹੈ, ਨਾਸ ਹੀ ਹੋ ਜਾਂਦਾ ਹੈ, ਉਸ ਦਾ ਪਤਾ-ਥਹੁ ਹੀ ਨਹੀਂ ਰਹਿੰਦਾ ਕਿ ਕਿਥੇ ਚਲਾ ਗਿਆ ਹੈ, ਨਾਮ-ਨਿਸ਼ਾਨ ਹੀ ਮਿਟ ਜਾਂਦਾ ਹੈ) । ਸੰਸਾ—ਸ਼ੱਕ, ਹੈਰਾਨੀ ।

ਅਨਦਿਨੁ—ਹਰ ਰੋਜ਼ ।੧।ਰਹਾਉ।

ਜਹ—ਜਿੱਥੇ, ਜਿਸ ਮਨ ਵਿਚ । ਬਰਭੰਡੁ—ਸਾਰਾ ਜਗਤ, ਦੁਨੀਆ ਦਾ ਮੋਹ । ਪਿੰਡੁ—(ਆਪਣਾ) ਸਰੀਰ, ਆਪਣੇ ਹੀ ਸਰੀਰ ਦਾ ਮੋਹ, ਦੇਹ-ਅੱਧਿਆਸ । ਤਹ—ਉਸ ਮਨ ਵਿਚ । ਰਚਨਹਾਰੁ—ਬਣਾਉਣ ਵਾਲਾ, ਮੋਹ ਦਾ ਤਾਣਾ ਤਣਨ ਵਾਲਾ, ਮੋਹ ਦਾ ਜਾਲ ਤਣਨ ਵਾਲਾ ਮਨ । ਅਤੀਤਾ—ਮਾਇਆ ਦੇ ਮੋਹ ਤੋਂ ਨਿਰਲੇਪ । ਕਿਸੁ ਮਾਹੀ—ਕਿਸ ਨੂੰ? ।੨।

ਜਬ ਲਗੁ—ਜਦ ਤਕ । ਬਿਨਾਸੀ—ਨਾਸ-ਵੰਤ, ਨਾਸਵੰਤ ਸਰੀਰ ਨਾਲ ਇੱਕ-ਰੂਪ, ਸਰੀਰ ਨਾਲ ਪਿਆਰ ਕਰਨ ਵਾਲਾ, ਦੇਹ-ਅੱਧਿਆਸੀ । ਕਾਹੂ ਕੈ—ਕਿਸ ਦੇ ਪਾਸ? ਕਿਸ ਦੇ ਘਰ? ਕੌ—ਕੌਣ? ।੩।

ਜਹਾ—ਅਤੇ ਉੱਥੇ, ਉਸ ਪ੍ਰਭੂ ਵਿਚ । ਉਆ ਕਾ—ਉਸ (ਪ੍ਰਭੂ) ਦਾ । ਮਰਮੁ—ਭੇਦ, ਅੰਤ । ਓਹੀ—ਉਹ (ਪ੍ਰਭੂ) ਆਪ ਹੀ ।੪।

ਨੋਟ:- ਇਸ ਸ਼ਬਦ ਨੂੰ ਸਹੀ ਤਰ੍ਹਾਂ ਸਮਝਣ ਦੀ ਕੁੰਜੀ ਸ਼ਬਦ ਦੇ ਬੰਦ ਨੰ: ੪ ਦੀ ਪਹਿਲੀ ਤੁਕ ਵਿਚ ਹੈ "ਕਹੁ ਕਬੀਰ, ਲਿਵ ਲਾਗਿ ਰਹੀ ਹੈ" ।

ਅਰਥ:- (ਹੇ ਕਬੀਰ! ਮੇਰੀ ਲਿਵ ਪ੍ਰਭੂ-ਚਰਨਾਂ ਵਿਚ ਲੱਗ ਰਹੀ ਹੈ) ਜਿਸ (ਮੇਰੇ) ਮਨ ਵਿਚ (ਪਹਿਲਾਂ) ਮਮਤਾ ਸੀ, ਹੁਣ (ਲਿਵ ਦੀ ਬਰਕਤ ਨਾਲ) ਉਸ ਵਿਚੋਂ ਮਮਤਾ ਮੁੱਕ ਗਈ ਹੈ, ਆਪਣੇ ਸਰੀਰ ਦਾ ਮੋਹ ਭੀ ਨਹੀਂ ਰਹਿ ਗਿਆ । ਹੇ ਭਾਈ! ਇੜਾ-ਪਿੰਗਲਾ-ਸੁਖਮਨਾ ਵਾਲੇ (ਪ੍ਰਾਣ ਚਾੜ੍ਹਨ ਤੇ ਰੋਕਣ ਆਦਿਕ ਦੇ ਕੋਝੇ ਕੰਮ ਤਾਂ ਪਤਾ ਹੀ ਨਹੀਂ ਕਿੱਥੇ ਚਲੇ ਜਾਂਦੇ ਹਨ (ਭਾਵ, ਜਿਸ ਮਨੁੱਖ ਦੀ ਸੁਰਤ ਪ੍ਰਭੂ-ਚਰਨਾਂ ਵਿਚ ਜੁੜ ਗਈ ਹੈ, ਉਸ ਨੂੰ ਪ੍ਰਾਣਾਯਾਮ ਆਦਿਕ ਸਾਧਨ ਤਾਂ ਜਪਦੇ ਹੀ ਬੇਲੋੜਵੇਂ ਕੋਝੇ ਕੰਮ ਹਨ) ।੧।

(ਪ੍ਰਭੂ-ਚਰਨਾਂ ਵਿਚ ਲਿਵ ਦੀ ਬਰਕਤ ਨਾਲ ਮੇਰਾ ਮੋਹ ਦਾ) ਧਾਗਾ ਟੁੱਟ ਗਿਆ ਹੈ, ਮੇਰੇ ਅੰਦਰੋਂ ਮੋਹ ਦਾ ਪਸਾਰਾ ਮੁੱਕ ਗਿਆ ਹੈ, ਵਿਤਕਰੇ ਕਰਨ ਵਾਲੇ ਸੁਭਾਵ ਦਾ ਨਾਮ-ਨਿਸ਼ਾਨ ਹੀ ਮਿਟ ਗਿਆ ਹੈ । (ਇਸ ਤਬਦੀਲੀ ਦੀ) ਹੈਰਾਨੀ ਮੈਨੂੰ ਹਰ ਰੋਜ਼ ਆਉਂਦੀ ਹੈ (ਕਿ ਇਹ ਕਿਵੇਂ ਹੋ ਗਿਆ, ਪਰ) ਕੋਈ ਮਨੁੱਖ ਇਹ ਸਮਝਾ ਨਹੀਂ ਸਕਦਾ, (ਕਿਉਂਕਿ ਇਹ ਅਵਸਥਾ ਸਮਝਾਈ ਨਹੀਂ ਜਾ ਸਕਦੀ, ਅਨੁਭਵ ਹੀ ਕੀਤੀ ਜਾ ਸਕਦੀ ਹੈ) ।੧।ਰਹਾਉ।

ਜਿਸ ਮਨ ਵਿਚ (ਪਹਿਲਾਂ) ਸਾਰੀ ਦੁਨੀਆ (ਦੇ ਧਨ ਦਾ ਮੋਹ) ਸੀ, (ਲਿਵ ਦੀ ਬਰਕਤ ਨਾਲ) ਉਸ ਵਿਚ ਹੁਣ ਆਪਣੇ ਸਰੀਰ ਦਾ ਮੋਹ ਭੀ ਨਹੀਂ ਰਿਹਾ, ਮੋਹ ਦੇ ਤਾਣੇ ਤਣਨ ਵਾਲਾ ਉਹ ਮਨ ਹੀ ਨਹੀਂ ਰਿਹਾ; ਹੁਣ ਤਾਂ ਮਾਇਆ ਦੇ ਮੋਹ ਤੋਂ ਨਿਰਲੇਪ ਜੋੜਨਹਾਰ ਪ੍ਰਭੂ ਆਪ ਹੀ (ਮਨ ਵਿਚ) ਵੱਸ ਰਿਹਾ ਹੈ । ਪਰ, ਇਹ ਅਵਸਥਾ ਕਿਸੇ ਪਾਸ ਬਿਆਨ ਨਹੀਂ ਕੀਤੀ ਜਾ ਸਕਦੀ ।੨।

ਜਦ ਤਕ (ਮਨੁੱਖ ਦਾ ਮਨ) ਨਾਸਵੰਤ (ਸਰੀਰ ਨਾਲ ਇੱਕ-ਰੂਪ) ਰਹਿੰਦਾ ਹੈ, ਤਦ ਤਕ ਇਸ ਦੀ ਪ੍ਰੀਤ ਨਾਹ (ਪ੍ਰਭੂ ਨਾਲ) ਜੋੜਿਆਂ ਜੁੜ ਸਕਦੀ ਹੈ, ਨਾਹ (ਮਾਇਆ ਨਾਲੋਂ) ਤੋੜਿਆਂ ਟੁੱਟ ਸਕਦੀ ਹੈ । (ਇਸ ਦਸ਼ਾ ਵਿਚ ਗ੍ਰਸੇ ਹੋਏ) ਮਨ ਦਾ ਨਾਹ ਹੀ ਪ੍ਰਭੂ (ਸਹੀ ਭਾਵ ਵਿਚ) ਖਸਮ ਹੈ, ਨਾਹ ਇਹ ਮਨ ਪ੍ਰਭੂ ਦਾ ਸੇਵਕ ਬਣ ਸਕਦਾ ਹੈ । ਫਿਰ ਕਿਸ ਨੇ ਕਿਸ ਦੇ ਪਾਸ ਜਾਣਾ ਹੈ? (ਭਾਵ, ਇਹ ਦੇਹ-ਅੱਧਿਆਸੀ ਮਨ ਸਰੀਰ ਦੇ ਮੋਹ ਵਿਚੋਂ ਉੱਚਾ ਉੱਠ ਕੇ ਪ੍ਰਭੂ ਦੇ ਚਰਨਾਂ ਵਿਚ ਜਾਂਦਾ ਹੀ ਨਹੀਂ) ।੩।

ਹੇ ਕਬੀਰ! ਆਖ—ਮੇਰੀ ਸੁਰਤ (ਪ੍ਰਭੂ-ਚਰਨਾਂ ਵਿਚ) ਲੱਗੀ ਰਹਿੰਦੀ ਹੈ ਅਤੇ ਦਿਨ ਰਾਤ ਉੱਥੇ ਹੀ ਟਿਕੀ ਰਹਿੰਦੀ ਹੈ (ਪਰ ਇਸ ਤਰ੍ਹਾਂ ਮੈਂ ਉਸ ਦਾ ਭੇਤ ਨਹੀਂ ਪਾ ਸਕਦਾ) । ਉਸ ਦਾ ਭੇਤ ਉਹ ਆਪ ਹੀ ਜਾਣਦਾ ਹੈ,

ਅਤੇ ਉਹ ਹੈ ਸਦਾ ਹੀ ਕਾਇਮ ਰਹਿਣ ਵਾਲਾ ।੪।੧।੫੨।

ਨੋਟ:- ਇਸ ਸ਼ਬਦ ਵਿਚੋਂ ਕਿਤੇ ਭੀ ਕੋਈ ਐਸਾ ਇਸ਼ਾਰਾ ਨਹੀਂ ਮਿਲਦਾ, ਜਿਸ ਤੋਂ ਇਹ ਅੰਦਾਜ਼ਾ ਲਗਾਣ ਦੀ ਲੋੜ ਪੈ ਜਾਏ ਕਿ ਕਿਸੇ ਯੋਗ-ਅਭਿਆਸ ਕਰਨ ਵਾਲੇ ਜੋਗੀ ਦੇ ਮਰਨ ਤੇ ਇਹ ਸ਼ਬਦ ਉਚਾਰਿਆ ਗਿਆ ਹੈ । ਭਲਾ, ਜੋਗੀ ਦੇ ਮਰਨ ਤੇ ਕਬੀਰ ਜੀ ਨੂੰ ਹਰ ਰੋਜ਼ ਕਿਉਂ ਇਹ 'ਸੰਸਾ' ਵਿਆਪਣਾ ਸੀ ਕਿ ਜੋਗੀ ਦਾ "ਬੋਲਤੁ" ਆਤਮਾ ਕਿੱਥੇ ਚਲਾ ਗਿਆ? ਨਾਹ ਹੀ ਇਸ ਵਿਚ ਪ੍ਰਾਣਾਯਾਮ ਤੇ ਯੋਗ-ਅਭਿਆਸ ਬਾਰੇ ਕੋਈ ਪ੍ਰਸ਼ਨ ਉੱਤਰ ਦਿੱਸਦੇ ਹਨ । ਕਬੀਰ ਜੀ ਨਿਰੇ ਭਗਤ ਹੀ ਨਹੀਂ ਸਨ, ਉਹ ਇਕ ਮਹਾਨ ਉੱਚੀ ਉਡਾਰੀ ਲਾਣ ਵਾਲੇ ਕਵੀ ਭੀ ਸਨ । ਉਹਨਾਂ ਦੀ ਬਾਣੀ ਦੀ ਡੂੰਘਾਈ ਨੂੰ ਸਮਝਣ ਦੀ ਕੋਸ਼ਸ਼ ਕਰੀਏ । ਕਹਾਣੀਆਂ ਜੋੜ ਜੋੜ ਕੇ ਸੌਖੇ ਰਾਹ ਲੱਭਣ ਦੇ ਜਤਨ ਨਾਹ ਕਰਦੇ ਰਹੀਏ ।

ਸ਼ਬਦ ਦਾ ਭਾਵ:- ਜਿਸ ਮਨੁੱਖ ਦੀ ਲਿਵ ਪ੍ਰਭੂ-ਚਰਨਾਂ ਵਿਚ ਲੱਗਦੀ ਹੈ, ਉਸ ਦੇ ਅੰਦਰੋਂ ਜਗਤ ਦਾ ਤੇ ਆਪਣੇ ਸਰੀਰ ਦਾ ਮੋਹ ਮਿਟ ਜਾਂਦਾ ਹੈ । ਇਕ ਐਸੀ ਅਚਰਜ ਖੇਡ ਬਣਦੀ ਹੈ ਕਿ ਉਸ ਦੇ ਮਨ ਵਿਚ ਵਿਤਕਰੇ ਦਾ ਨਾਮ-ਨਿਸ਼ਾਨ ਨਹੀਂ ਰਹਿ ਜਾਂਦਾ । ਇਸ ਅਨੰਦ ਦੇ ਸਾਹਮਣੇ ਉਸ ਨੂੰ ਪ੍ਰਾਣਾਯਾਮ ਆਦਿਕ ਸਾਧਨ ਹੋਛੇ ਜਿਹੇ ਕੰਮ ਦਿੱਸਦੇ ਹਨ ।੫੨।

ਗਉੜੀ ॥ ਸੁਰਤਿ ਸਿਮ੍ਰਿਤਿ ਦੁਇ ਕੰਨੀ ਮੁੰਦਾ ਪਰਮਿਤਿ ਬਾਹਰਿ ਖਿੰਥਾ ॥ ਸੁੰਨ ਗੁਫਾ ਮਹਿ ਆਸਣੁ ਬੈਸਣੁ ਕਲਪ ਬਿਬਰਜਿਤ ਪੰਥਾ ॥੧॥ ਮੇਰੇ ਰਾਜਨ ਮੈ ਬੈਰਾਗੀ ਜੋਗੀ ॥ ਮਰਤ ਨ ਸੋਗ ਬਿਓਗੀ ॥੧॥ ਰਹਾਉ ॥ ਖੰਡ ਬ੍ਰਹਮੰਡ ਮਹਿ ਸਿੰਙੀ ਮੇਰਾ ਬਟੂਆ ਸਭੁ ਜਗੁ ਭਸਮਾਧਾਰੀ ॥ ਤਾੜੀ ਲਾਗੀ ਤ੍ਰਿਪਲੁ ਪਲਟੀਐ ਛੂਟੈ ਹੋਇ ਪਸਾਰੀ ॥੨॥ ਮਨੁ ਪਵਨੁ ਦੁਇ ਤੂੰਬਾ ਕਰੀ ਹੈ ਜੁਗ ਜੁਗ ਸਾਰਦ ਸਾਜੀ ॥ ਥਿਰੁ ਭਈ ਤੰਤੀ ਤੂਟਸਿ ਨਾਹੀ ਅਨਹਦ ਕਿੰਗੁਰੀ ਬਾਜੀ ॥੩॥ ਸੁਨਿ ਮਨ ਮਗਨ ਭਏ ਹੈ ਪੂਰੇ ਮਾਇਆ ਡੋਲ ਨ ਲਾਗੀ ॥ ਕਹੁ ਕਬੀਰ ਤਾ ਕਉ ਪੁਨਰਪਿ ਜਨਮੁ ਨਹੀ ਖੇਲਿ ਗਇਓ ਬੈਰਾਗੀ ॥੪॥੨॥੫੩॥ {ਪੰਨਾ 334-335}

ਪਦਅਰਥ:- ਸੁਰਤਿ—ਸੁਣਨਾ, (ਪ੍ਰਭੂ ਵਿਚ) ਧਿਆਨ ਜੋੜਨਾ । ਸਿਮ੍ਰਿਤਿ—ਚੇਤੇ ਕਰਨਾ, ਯਾਦ ਕਰਨਾ, ਸਿਮਰਨਾ । ਪਰਮਿਤਿ—{ਸੰ: ਪ੍ਰਮਿਤਿ—accurate notion or conception} ਸਹੀ ਵਾਕਫ਼ੀਅਤ, ਯਥਾਰਥ ਗਿਆਨ । ਖਿੰਥਾ—ਗੋਦੜੀ । ਸੁੰਨ—ਸੁੰਞ, ਉਹ ਹਾਲਤ ਜਿੱਥੇ ਮਾਇਆ ਦਾ ਕੋਈ ਫੁਰਨਾ ਨਾਹ ਉੱਠੇ । ਕਲਪ—ਕਲਪਣਾ । ਬਿਬਰਜਿਤ—ਵਰਜਿਆ ਹੋਇਆ, ਰਹਿਤ । ਪੰਥ—ਧਾਰਮਿਕ ਰਸਤਾ ।੧।

ਬੈਰਾਗੀ—ਵੈਰਾਗਵਾਨ, ਲਗਨ ਵਾਲਾ । ਮਰਤ—ਮੌਤ । ਸੋਗ—ਗ਼ਮ । ਬਿਓਗੀ—ਵਿਯੋਗ, ਵਿਛੋੜਾ ।੧।ਰਹਾਉ।

ਬ੍ਰਹਮੰਡ—ਸਾਰਾ ਜਗਤ । ਸਿੰਙੀ—{ਸੰ: ਸ਼੍ਰਿੰਗ—a horn used for blowing} ਸਿੰਙ ਜੋ ਜੋਗੀ ਵਜਾਉਂਦੇ ਹਨ । ਬਟੂਆ—ਸੁਆਹ ਰੱਖਣ ਲਈ ਜੋਗੀਆਂ ਦਾ ਥੈਲਾ । ਭਸਮ—ਸੁਆਹ । ਭਸਮਾਧਾਰੀ—ਭਸਮ-ਆਧਾਰੀ, ਸੁਆਹ ਪਾਣ ਵਾਲਾ । ਤ੍ਰਿਪਲੁ—ਤ੍ਰਿਗੁਣੀ ਮਾਇਆ । ਪਸਾਰੀ—ਗ੍ਰਿਹਸਤੀ । ਛੂਟੈ—ਮੁਕਤ ਹਾਂ ।੨।

ਪਵਨੁ—ਹਵਾ, ਸੁਆਸ । ਤੂੰਬਾ—ਇਕ ਕਿਸਮ ਦਾ ਸੁੱਕਾ ਹੋਇਆ ਕੱਦੂ, ਜੋ ਸਤਾਰ ਵੀਣਾ ਆਦਿਕ ਤੰਤੀ ਸਾਜਾਂ ਵਿਚ ਵਰਤੀਦਾ ਹੈ । ਵੀਣਾ ਦੀ ਡੰਡੀ ਦੇ ਦੋਹੀਂ ਪਾਸੀਂ ਦੋ ਤੂੰਬੇ ਬੱਧੇ ਹੁੰਦੇ ਹਨ, ਜਿਸ ਕਰਕੇ ਤੰਤੀ ਦੀ ਸੁਰ

ਸੁੰਦਰ ਬਣ ਜਾਂਦੀ ਹੈ । ਸਾਰਦ—ਵੀਣਾ ਦੀ ਡੰਡੀ । ਸਾਜੀ—ਬਣਾਈ । ਜੁਗ ਜੁਗ—ਜੁਗਾਂ ਜੁਗਾਂ ਵਿਚ ਥਿਰ ਰਹੀ । ਅਨਹਦ—ਇੱਕ-ਰਸ । ਥਿਰੁ—ਟਿਕਵੀਂ ।੩।

ਸੁਨਿ—ਸੁਣ ਕੇ । ਪੂਰੇ—ਚੰਗੀ ਤਰ੍ਹਾਂ । ਡੋਲ—ਲਹਿਰ, ਹੁਲਾਰਾ । ਨ ਲਾਗੀ—ਨਹੀਂ ਲੱਗਦੀ, ਨਹੀਂ ਪੋਂਹਦੀ । ਪੁਨਰਪਿ—{=ਪੁਨਹ-ਅਪਿ} ਫਿਰ ਭੀ, ਫਿਰ ਕਦੇ । ਖੇਲ ਗਇਓ—ਐਸੀ ਖੇਡ ਖੇਡ ਜਾਂਦਾ ਹੈ ।੪।

ਅਰਥ:- ਪ੍ਰਭੂ ਦੇ ਚਰਨਾਂ ਵਿਚ ਸੁਰਤ ਜੋੜਨੀ ਤੇ ਪ੍ਰਭੂ ਦਾ ਨਾਮ ਸਿਮਰਨਾ—ਇਹ ਮਾਨੋ, ਮੈਂ ਦੋਹਾਂ ਕੰਨਾਂ ਵਿਚ ਮੁੰਦਰਾਂ ਪਾਈਆਂ ਹੋਈਆਂ ਹਨ । ਪ੍ਰਭੂ ਦਾ ਯਥਾਰਥ ਗਿਆਨ—ਇਹ ਮੈਂ ਆਪਣੇ ਤੇ ਗੋਦੜੀ ਲਈ ਹੋਈ ਹੈ । ਅਫੁਰ ਅਵਸਥਾ-ਰੂਪ ਗੁਫ਼ਾ ਵਿਚ ਮੈਂ ਆਸਣ ਲਾਈ ਬੈਠਾ ਹਾਂ (ਭਾਵ, ਮੇਰਾ ਮਨ ਹੀ ਮੇਰੀ ਗੁਫ਼ਾ ਹੈ; ਜਿਥੇ ਮੈਂ ਦੁਨੀਆ ਧੰਧਿਆਂ ਵਾਲੇ ਕੋਈ ਫੁਰਨੇ ਨਹੀਂ ਉਠਨ ਦੇਂਦਾ ਤੇ ਇਸ ਤਰ੍ਹਾਂ ਆਪਣੇ ਅੰਦਰ, ਮਾਨੋ, ਇਕ ਏਕਾਂਤ ਵਿਚ ਬੈਠਾ ਹੋਇਆ ਹਾਂ) । ਦੁਨੀਆ ਦੀਆਂ ਕਲਪਣਾ ਤਿਆਗ ਦੇਣੀਆਂ—ਇਹ ਹੈ ਮੇਰਾ (ਜੋਗ-) ਪੰਥ ।੧।

ਹੇ ਮੇਰੇ ਪਾਤਸ਼ਾਹ (ਪ੍ਰਭੂ!) ਮੈਂ (ਤੇਰੀ ਯਾਦ ਦੀ) ਲਗਨ ਵਾਲਾ ਜੋਗੀ ਹਾਂ, (ਇਸ ਵਾਸਤੇ) ਮੌਤ (ਦਾ ਡਰ) ਚਿੰਤਾ ਤੇ ਵਿਛੋੜਾ ਮੈਨੂੰ ਪੋਂਹਦੇ ਨਹੀਂ ਹਨ ।੧।ਰਹਾਉ।

ਸਾਰੇ ਖੰਡਾਂ ਬ੍ਰਹਿਮੰਡਾਂ ਵਿਚ (ਪ੍ਰਭੂ ਦੀ ਵਿਆਪਕਤਾ ਦਾ ਸਭ ਨੂੰ ਸੁਨੇਹਾ ਦੇਣਾ)—ਇਹ, ਮਾਨੋ, ਮੈਂ ਸਿੰਙੀ ਵਜਾ ਰਿਹਾ ਹਾਂ । ਸਾਰੇ ਜਗਤ ਨੂੰ ਨਾਸਵੰਤ ਸਮਝਣਾ—ਇਹ ਹੈ ਮੇਰਾ ਸੁਆਹ ਪਾਣ ਵਾਲਾ ਥੈਲਾ । ਤ੍ਰੈਗੁਣੀ ਮਾਇਆ ਦੇ ਪ੍ਰਭਾਵ ਨੂੰ ਮੈਂ ਪਰਤਾਅ ਦਿੱਤਾ ਹੈ—ਇਹ ਮਾਨੋ, ਮੈਂ ਤਾੜੀ ਲਾਈ ਹੋਈ ਹੈ । ਇਸ ਤਰ੍ਹਾਂ ਮੈਂ ਗ੍ਰਿਹਸਤੀ ਹੁੰਦਾ ਹੋਇਆ ਭੀ ਮੁਕਤ ਹਾਂ ।੨।

(ਮੇਰੇ ਅੰਦਰ) ਇਕ-ਰਸ ਕਿੰਗੁਰੀ (ਵੀਣਾ) ਵੱਜ ਰਹੀ ਹੈ । ਮੇਰਾ ਮਨ ਅਤੇ ਸੁਆਸ (ਉਸ ਕਿੰਗੁਰੀ ਦੇ) ਦੋਵੇਂ ਤੂੰਬੇ ਹਨ । ਸਦਾ-ਥਿਰ ਰਹਿਣ ਵਾਲਾ ਪ੍ਰਭੂ (ਮਨ ਤੇ ਸੁਆਸ ਦੋਹਾਂ ਤੂੰਬਿਆਂ ਨੂੰ ਜੋੜਨ ਵਾਲੀ) ਮੈਂ ਡੰਡੀ ਬਣਾਈ ਹੈ । ਸੁਰਤ ਦੀ ਤਾਰ (ਉਸ ਕਿੰਗੁਰੀ ਦੀ ਵੱਜਣ ਵਾਲੀ ਤੰਤੀ) ਮਜ਼ਬੂਤ ਹੋ ਗਈ ਹੈ, ਕਦੇ ਟੁੱਟਦੇ ਨਹੀਂ ।੩।

(ਇਸ ਅੰਦਰਲੀ ਕਿੰਗੁਰੀ ਦੇ ਰਾਗ ਨੂੰ) ਸੁਣ ਕੇ ਮੇਰਾ ਮਨ ਇਸ ਤਰ੍ਹਾਂ ਪੂਰਨ ਤੌਰ ਤੇ ਮਸਤ ਹੋ ਗਿਆ ਹੈ ਕਿ ਇਸ ਨੂੰ ਮਾਇਆ ਦਾ ਧੱਕਾ ਨਹੀਂ ਵੱਜ ਸਕਦਾ । ਹੇ ਕਬੀਰ । ਆਖ—ਜੋ ਲਗਨ ਵਾਲਾ ਜੋਗੀ ਅਜਿਹੀ ਖੇਡ ਖੇਡ ਕੇ ਜਾਂਦਾ ਹੈ ਉਸ ਨੂੰ ਫਿਰ ਕਦੇ ਜਨਮ (ਮਰਨ) ਨਹੀਂ ਹੁੰਦਾ ।੪।੨।੫੩।

ਸ਼ਬਦ ਦਾ ਭਾਵ:- ਅਸਲੀ ਜੋਗੀ ਉਹ ਹੈ ਜੋ ਗ੍ਰਿਹਸਤ ਵਿਚ ਰਹਿੰਦਾ ਹੋਇਆ ਭੀ ਪ੍ਰਭੂ ਦੀ ਯਾਦ ਵਿਚ ਸੁਰਤ ਜੋੜਦਾ ਹੈ, ਆਪਣੇ ਮਨ ਵਿਚ ਵਿਕਾਰਾਂ ਦੇ ਫੁਰਨੇ ਤੇ ਕਲਪਣਾ ਨਹੀਂ ਉੱਠਣ ਦੇਂਦਾ, ਜਗਤ ਨੂੰ ਨਾਸਵੰਤ ਜਾਣ ਕੇ ਇਸ ਦੇ ਮੋਹ ਵਿਚ ਫਸਦਾ ਨਹੀਂ, ਦੁਨੀਆ ਦੇ ਕੰਮ-ਕਾਰ ਕਰਦਾ ਹੋਇਆ ਭੀ ਸੁਆਸ ਸੁਆਸ ਸਿਮਰਨ ਕਰਦਾ ਹੈ ਤੇ ਯਾਦ ਦੀ ਇਸ ਤਾਰ ਨੂੰ ਕਦੇ ਟੁੱਟਣ ਨਹੀਂ ਦੇਂਦਾ । ਅਜਿਹੇ ਜੋਗੀ ਨੂੰ ਮਾਇਆ ਕਦੇ ਭਰਮਾ ਨਹੀਂ ਸਕਦੀ ।੫੩।

ਗਉੜੀ ॥ ਗਜ ਨਵ ਗਜ ਦਸ ਗਜ ਇਕੀਸ ਪੁਰੀਆ ਏਕ ਤਨਾਈ ॥ ਸਾਠ ਸੂਤ ਨਵ ਖੰਡ ਬਹਤਰਿ ਪਾਟੁ ਲਗੋ ਅਧਿਕਾਈ ॥੧॥ ਗਈ ਬੁਨਾਵਨ ਮਾਹੋ ॥ ਘਰ ਛੋਡਿਐ ਜਾਇ ਜੁਲਾਹੋ ॥੧॥ ਰਹਾਉ ॥ ਗਜੀ ਨ ਮਿਨੀਐ ਤੋਲਿ ਨ ਤੁਲੀਐ ਪਾਚਨੁ ਸੇਰ ਅਢਾਈ ॥ ਜੌ ਕਰਿ ਪਾਚਨੁ ਬੇਗਿ ਨ ਪਾਵੈ ਝਗਰੁ ਕਰੈ ਘਰਹਾਈ ॥੨॥ ਦਿਨ ਕੀ ਬੈਠ ਖਸਮ ਕੀ ਬਰਕਸ ਇਹ ਬੇਲਾ ਕਤ ਆਈ ॥

ਛੂਟੇ ਕੂੰਡੇ ਭੀਗੈ ਪੁਰੀਆ ਚਲਿਓ ਜੁਲਾਹੋ ਰੀਸਾਈ ॥੩॥ ਛੋਛੀ ਨਲੀ ਤੰਤੁ ਨਹੀ ਨਿਕਸੈ ਨਤਰ ਰਹੀ ਉਰਝਾਈ ॥ ਛੋਡਿ ਪਸਾਰੁ ਈਹਾ ਰਹੁ ਬਪੁਰੀ ਕਹੁ ਕਬੀਰ ਸਮਝਾਈ ॥੪॥੩॥੫੪॥ {ਪੰਨਾ 335}

ਪਦਅਰਥ:- ਗਜ ਨਵ—ਨੌ ਗਜ਼, ਨੌ ਗੋਲਕਾਂ । ਗਜ ਦਸ—ਦਸ ਇੰਦ੍ਰੇ । ਗਜ ਇਕੀਸ—ਇੱਕੀ ਗਜ਼ (ਪੰਜ ਸੂਖਮ ਤੱਤ, ਪੰਜ ਅਸਥੂਲ ਤੱਤ, ਦਸ ਪ੍ਰਾਣ, ਇਕ ਮਨ=੨੧) । ਪੁਰੀਆ ਤਨਾਈ—ਪੂਰੀ (੪੦ ਗਜ਼ ਦੀ) ਤਾਣੀ । ਸਾਠ ਸੂਤ—ਸੱਠ ਨਾੜੀਆਂ ਲੰਮੇ ਪਾਸੇ ਦਾ ਤਾਣਾ । ਨਵਖੰਡ—ਨੌ ਟੋਟੇ, ਨੌ ਜੋੜ ਤਾਣੀ ਦੇ (੪ ਜੋੜ ਬਾਹਾਂ ਦੇ, ੪ ਜੋੜ ਲੱਤਾਂ ਦੇ, ਇਕ ਧੜ=ਨੌ । ਬਹਤਰਿ—ਬਹੱਤਰ ਨਾੜੀਆਂ ਛੋਟੀਆਂ । ਪਾਟੁ—ਪੇਟਾ । ਲਗੋ ਅਧਿਕਾਈ—ਵਾਧੂ ਲੱਗਾ ਹੈ ।੧।

ਬੁਨਾਵਨ—(ਤਾਣੀ) ਉਣਾਉਣ ਲਈ । ਮਾਹੋ—ਵਾਸ਼ਨਾ । ਘਰਿ ਛੋਡਿਐ—ਘਰ ਛੱਡਣ ਦੇ ਕਾਰਨ, ਸ੍ਵੈ-ਸਰੂਪ ਛੱਡਣ ਕਰਕੇ, ਪ੍ਰਭੂ ਦੇ ਚਰਨ ਵਿਸਾਰਨ ਕਰਕੇ । ਜਾਇ—ਚੱਲ ਪੈਂਦਾ ਹੈ, ਜਨਮ ਵਿਚ ਆਉਂਦਾ ਹੈ । ਜੁਲਾਹੋ—ਜੀਵ-ਰੂਪ ਜੁਲਾਹਾ ।੧।ਰਹਾਉ।

ਗਜੀ—ਗਜ਼ਾਂ ਨਾਲ । ਨ ਮਿਨੀਐ—ਨਹੀਂ ਮਿਣੀਦੀ । ਤੋਲਿ—ਤੋਲ ਨਾਲ, ਵੱਟੇ ਨਾਲ । ਪਾਚਨੁ—ਪਾਣ (ਜੋ ਕੱਪੜਾ ਉਣਨ ਤੋਂ ਪਹਿਲਾਂ ਤਾਣੀ ਨੂੰ ਲਾਈਦੀ ਹੈ ਤਾਕਿ ਧਾਗੇ ਪੱਕੇ ਰਹਿਣ ਤੇ ਉਣਨ ਵੇਲੇ ਨਾਹ ਟੁੱਟਣ), ਖ਼ੁਰਾਕ । ਜੌ ਕਰਿ—ਜੇ । ਬੇਗਿ—ਛੇਤੀ, ਵੇਲੇ ਸਿਰ । ਘਰ ਹਾਈ—ਘਰ ਵਿਚ ਹੀ । ਹਾਈ—ਹੀ ।੨।

ਦਿਨ ਕੀ ਬੈਠ—ਥੋੜੇ ਦਿਨਾਂ ਦੀ ਬੈਠਕ ਲਈ, ਥੋੜੇ ਦਿਨਾਂ ਦੇ ਜੀਊਣ ਲਈ । ਬਰਕਸਿ—ਬਰ-ਅਕਸ, ਉਲਟ, ਆਕੀ । ਖਸਮ ਕੀ ਬਰਕਸਿ—ਮਾਲਕ-ਪ੍ਰਭੂ ਤੋਂ ਆਕੀ । ਇਹ ਬੇਲਾ—(ਮਨੁੱਖਾ ਜਨਮ ਦਾ) ਇਹ ਸਮਾ । ਕਤ ਆਈ—ਕਿਥੋਂ ਆ ਸਕਦਾ ਹੈ? ਮੁੜ ਨਹੀਂ ਮਿਲਦਾ । ਛੂਟੇ—ਛੁੱਟ ਜਾਂਦੇ ਹਨ, ਖੁੱਸ ਜਾਂਦੇ ਹਨ । ਕੂੰਡੇ—(ਭਾਵ, ਜਗਤ ਦੇ ਪਦਾਰਥ) ਮਿੱਟੀ ਦੇ ਬਰਤਨ, ਜਿਨ੍ਹਾਂ ਵਿਚ ਪਾਣੀ ਪਾ ਕੇ ਸੂਤਰ ਦੀਆਂ ਨਲੀਆਂ ਕੱਪੜਾ ਉਣਨ ਵੇਲੇ ਭਿਉਂ ਰੱਖੀਦੀਆਂ ਹਨ । ਪੁਰੀਆ—ਨਲੀਆਂ, ਵਾਸ਼ਨਾ । ਰੀਸਾਈ—ਰਿਸ ਕੇ, ਖਿੱਝ ਕੇ ।੩।

ਛੋਛੀ—ਖ਼ਾਲੀ । ਨਲੀ—ਨਲਕੀ । ਤੰਤੁ—ਤੰਦ (ਭਾਵ, ਸੁਆਸ) । ਛੋਛੀ ਨਲੀ—ਨਲੀ ਖ਼ਾਲੀ ਹੋ ਜਾਂਦੀ ਹੈ (ਭਾਵ, ਜੀਵਾਤਮਾ ਸਰੀਰ ਨੂੰ ਛੱਡ ਜਾਂਦਾ ਹੈ) । ਤਰ—ਤੁਰ, ਜਿਸ ਦੇ ਦੁਆਲੇ ਉਣਿਆ ਕੱਪੜਾ ਵਲ੍ਹੇਟੀਦਾ ਹੈ । ਉਰਝਾਈ—ਉਲਝੀ ਹੋਈ । ਨ ਤਰ ਰਹੀ ਉਰਝਾਈ—ਨਾਭੀ ਭੀ ਉਲਝੀ ਨਹੀਂ ਰਹਿੰਦੀ, ਨਾਭੀ ਦਾ ਜੋ ਸੁਆਸਾਂ ਨਾਲ ਸੰਬੰਧ ਸੀ ਉਹ ਭੀ ਨਹੀਂ ਰਹਿੰਦਾ । ਪਸਾਰੁ—ਖਿਲਾਰਾ, ਫਸ-ਫਸਾ । ਈਹਾ—ਇਥੇ ਹੀ । ਬਪੁਰੀ—ਹੇ ਭੈੜੀ (ਵਾਸ਼ਨਾ)! ਈਹਾ ਰਹੁ—ਇਥੇ ਹੀ ਟਿਕੀ ਰਹੁ, ਜੀਵ ਦਾ ਸਾਥ ਛੱਡ ਦੇਹ, ਖ਼ਲਾਸੀ ਕਰ ।੪।

ਅਰਥ:- ਜਦੋਂ ਜੀਵ-ਜੁਲਾਹਾ ਪ੍ਰਭੂ ਦੇ ਚਰਨ ਵਿਸਾਰਦਾ ਹੈ, ਤਾਂ ਵਾਸ਼ਨਾ (ਇਹ ਸਰੀਰ ਦੀ ਤਾਣੀ) ਉਣਾਉਣ ਤੁਰ ਪੈਂਦੀ ਹੈ (ਭਾਵ, ਪ੍ਰਭੂ ਨੂੰ ਵਿਸਾਰਨ ਕਰਕੇ ਜੀਵ ਵਾਸ਼ਨਾ ਵਿਚ ਬੱਝ ਜਾਂਦਾ ਹੈ ਤੇ ਇਹ ਵਾਸ਼ਨਾ ਇਸ ਨੂੰ ਸਰੀਰ ਵਿਚ ਲਿਆਉਣ ਦਾ ਕਾਰਨ ਬਣਦੀ ਹੈ) ।੧।ਰਹਾਉ।

(ਜਦੋਂ ਜੀਵ ਜਨਮ ਲੈਂਦਾ ਹੈ ਤਾਂ, ਮਾਨੋ,) ਪੂਰੀ ਇਕ ਤਾਣੀ (੪੦ ਗਜ਼ਾਂ ਦੀ ਤਿਆਰ ਹੋ ਜਾਂਦੀ ਹੈ) ਜਿਸ ਵਿਚ ਨੌ ਗੋਲਕਾਂ, ਦਸ ਇੰਦਰੇ ਤੇ ਇੱਕੀ ਗਜ਼ ਹੋਰ ਹੁੰਦੇ ਹਨ (ਭਾਵ, ਪੰਜ ਸੂਖਮ ਤੱਤ, ਪੰਜ ਸਥੂਲ ਤੱਤ, ਦਸ ਪ੍ਰਾਣ ਤੇ ਇਕ ਮਨ—ਇਹ ੨੧ ਗਜ਼ ਤਾਣੀ ਦੇ ਹੋਰ ਹਨ) । ਸੱਠ ਨਾੜੀਆਂ (ਇਹ ਉਸ ਤਾਣੀ ਦੇ ਲੰਮੇ ਪਾਸੇ ਦਾ) ਸੂਤਰ ਹੁੰਦਾ ਹੈ, (ਸਰੀਰ ਦੇ ਨੌ ਜੋੜ ਉਸ ਤਾਣੀ ਦੇ) ਨੌ ਟੋਟੇ ਹਨ ਅਤੇ ਬਹੱਤਰ ਛੋਟੀਆਂ ਨਾੜੀਆਂ (ਇਹ ਉਸ

ਤਾਣੀ ਨੂੰ) ਵਾਧੂ ਪੇਟਾ ਲੱਗਾ ਹੋਇਆ ਸਮਝੋ ।੧।

(ਸਰੀਰ-ਰੂਪ ਇਹ ਤਾਣੀ) ਗਜ਼ਾਂ ਨਾਲ ਨਹੀਂ ਮਿਣੀਦੀ, ਤੇ ਵੱਟੇ ਨਾਲ ਤੋਲੀਦੀ ਭੀ ਨਹੀਂ (ਉਂਞ ਇਸ ਤਾਣੀ ਨੂੰ ਭੀ ਹਰ ਰੋਜ਼) ਢਾਈ ਸੇਰ (ਖ਼ੁਰਾਕ-ਰੂਪ) ਪਾਣ ਚਾਹੀਦੀ ਹੈ । ਜੇ ਇਸ ਨੂੰ ਇਹ ਪਾਣ ਵੇਲੇ ਸਿਰ ਨਾ ਮਿਲੇ ਤਾਂ ਘਰ ਵਿਚ ਹੀ ਰੌਲਾ ਪਾ ਦੇਂਦੀ ਹੈ (ਭਾਵ, ਜੇ ਖ਼ੁਰਾਕ ਨਾਹ ਮਿਲੇ ਤਾਂ ਸਰੀਰ ਵਿਚ ਤਰਥੱਲ ਮੱਚ ਜਾਂਦੀ ਹੈ) ।੨।

(ਵਾਸ਼ਨਾ-ਬੱਧਾ ਜੀਵ) ਥੋੜੇ ਦਿਨਾਂ ਦੇ ਜੀਊਣ ਖ਼ਾਤਰ ਖਸਮ-ਪ੍ਰਭੂ ਤੋਂ ਆਕੀ ਹੋ ਜਾਂਦਾ ਹੈ (ਪ੍ਰਭੂ ਦੀ ਯਾਦ ਦਾ ਸਮਾ ਗੁਆ ਲੈਂਦਾ ਹੈ ਤੇ ਫਿਰ) ਇਹ ਵੇਲਾ ਹੱਥ ਨਹੀਂ ਆਉਂਦਾ । (ਆਖ਼ਰ) ਇਹ ਪਦਾਰਥ ਖੁੱਸ ਜਾਂਦੇ ਹਨ, ਮਨ ਦੀਆਂ ਵਾਸ਼ਨਾਂ ਇਹਨਾਂ ਪਦਾਰਥਾਂ ਵਿਚ ਫਸੀਆਂ ਹੀ ਰਹਿ ਜਾਂਦੀਆਂ ਹਨ, (ਇਸ ਵਿਛੋੜੇ ਦੇ ਕਾਰਨ) ਜੀਵ-ਜੁਲਾਹਾ ਖਿੱਝ ਕੇ ਇਥੋਂ ਤੁਰ ਪੈਂਦਾ ਹੈ ।੩।

(ਆਖ਼ਰ) ਨਲੀ ਖ਼ਾਲੀ ਹੋ ਜਾਂਦੀ ਹੈ, ਤੰਦ ਨਹੀਂ ਨਿਕਲਦੀ, ਤੁਰ ਉਲਝੀ ਨਹੀਂ ਰਹਿੰਦੀ (ਭਾਵ, ਜੀਵਾਤਮਾ ਸਰੀਰ ਨੂੰ ਛੱਡ ਦੇਂਦਾ ਹੈ, ਸੁਆਸ ਚੱਲਣੇ ਮੁੱਕ ਜਾਂਦੇ ਹਨ, ਸੁਆਸਾਂ ਦਾ ਨਾਭੀ ਨਾਲੋਂ ਸੰਬੰਧ ਟੁੱਟ ਜਾਂਦਾ ਹੈ) । ਹੇ ਕਬੀਰ! ਹੁਣ ਤਾਂ ਇਸ ਵਾਸ਼ਨਾ ਨੂੰ ਮੱਤ ਦੇ ਕੇ ਆਖ—ਹੇ ਚੰਦਰੀ ਵਾਸ਼ਨਾ! ਇਹ ਜੰਜਾਲ ਛੱਡ ਦੇ, ਤੇ ਹੁਣ ਤਾਂ ਇਸ ਜੀਵ ਦੀ ਖ਼ਲਾਸੀ ਕਰ ।੪।੩।੫੪।

ਸ਼ਬਦ ਦਾ ਭਾਵ:- ਜਦੋਂ ਜੀਵ ਪ੍ਰਭੂ ਦੀ ਯਾਦ ਵਿਸਾਰ ਦੇਂਦਾ ਹੈ ਤਾਂ ਵਾਸ਼ਨਾ ਵਿਚ ਬੱਝ ਜਾਂਦਾ ਹੈ । ਵਾਸ਼ਨਾ ਦਾ ਬੱਧਾ ਹੋਇਆ ਜੀਵ ਜਗਤ ਵਿਚ ਆਉਂਦਾ ਹੈ । ਇੱਥੇ ਭਾਵੇਂ ਥੋੜੇ ਹੀ ਦਿਨਾਂ ਲਈ ਰਹਿਣਾ ਹੁੰਦਾ ਹੈ, ਪਰ ਦੁਨੀਆ ਦੇ ਪਦਾਰਥਾਂ ਵਿਚ ਫਸ ਜਾਂਦਾ ਹੈ, ਤੇ ਪ੍ਰਭੂ ਤੋਂ ਆਕੀ ਹੀ ਰਹਿੰਦਾ ਹੈ । ਆਖ਼ਰ ਮੌਤ ਆ ਜਾਂਦੀ ਹੈ, ਪਰ ਫਿਰ ਭੀ ਵਾਸ਼ਨਾ ਇਸ ਦੀ ਖ਼ਲਾਸੀ ਨਹੀਂ ਕਰਦੀ ।੫੪।

ਗਉੜੀ ॥ ਏਕ ਜੋਤਿ ਏਕਾ ਮਿਲੀ ਕਿੰਬਾ ਹੋਇ ਮਹੋਇ ॥ ਜਿਤੁ ਘਟਿ ਨਾਮੁ ਨ ਊਪਜੈ ਫੂਟਿ ਮਰੈ ਜਨੁ ਸੋਇ ॥੧॥ ਸਾਵਲ ਸੁੰਦਰ ਰਾਮਈਆ ॥ ਮੇਰਾ ਮਨੁ ਲਾਗਾ ਤੋਹਿ ॥੧॥ ਰਹਾਉ ॥ ਸਾਧੁ ਮਿਲੈ ਸਿਧਿ ਪਾਈਐ ਕਿ ਏਹੁ ਜੋਗੁ ਕਿ ਭੋਗੁ ॥ ਦੁਹੁ ਮਿਲਿ ਕਾਰਜੁ ਊਪਜੈ ਰਾਮ ਨਾਮ ਸੰਜੋਗੁ ॥੨॥ ਲੋਗੁ ਜਾਨੈ ਇਹੁ ਗੀਤੁ ਹੈ ਇਹੁ ਤਉ ਬ੍ਰਹਮ ਬੀਚਾਰ ॥ ਜਿਉ ਕਾਸੀ ਉਪਦੇਸੁ ਹੋਇ ਮਾਨਸ ਮਰਤੀ ਬਾਰ ॥੩॥ ਕੋਈ ਗਾਵੈ ਕੋ ਸੁਣੈ ਹਰਿ ਨਾਮਾ ਚਿਤੁ ਲਾਇ ॥ ਕਹੁ ਕਬੀਰ ਸੰਸਾ ਨਹੀ ਅੰਤਿ ਪਰਮ ਗਤਿ ਪਾਇ ॥੪॥੧॥੪॥੫੫॥ {ਪੰਨਾ 335}

ਪਦਅਰਥ:- ਕਿੰਬਾ ਹੋਇ—ਕੀ ਮੁੜ ਉਹ (ਵੱਖਰੀ ਹਸਤੀ ਵਾਲੀ) ਹੁੰਦੀ ਹੈ? ਕੀ ਫਿਰ ਭੀ ਉਸ ਦੀ ਵੱਖਰੀ ਹਸਤੀ ਰਹਿੰਦੀ ਹੈ? ਕੀ ਉਸ ਵਿਚ ਆਪਾ-ਭਾਵ ਟਿਕਿਆ ਰਹਿੰਦਾ ਹੈ? ਮਹੋਇ—ਨਹੀਂ ਹੁੰਦਾ, ਨਹੀਂ ਰਹਿੰਦਾ । ਜਿਤੁ ਘਟਿ—ਜਿਸ ਸਰੀਰ ਵਿਚ । ਫੂਟਿ ਮਰੈ—ਫੁੱਟ ਮਰਦਾ ਹੈ, ਆਫਰ ਮਰਦਾ ਹੈ, ਹਉਮੈ ਦੇ ਕਾਰਨ ਦੁਖੀ ਹੁੰਦਾ ਹੈ । ਜਨੁ ਸੋਇ—ਉਹੀ ਮਨੁੱਖ ।੧।

ਰਾਮਈਆ—ਹੇ ਸੁਹਣੇ ਰਾਮ! ਤੋਹਿ—ਤੇਰੇ ਵਿਚ, ਤੇਰੇ ਚਰਨਾਂ ਵਿਚ ।੧।ਰਹਾਉ।

ਸਾਧੁ—ਗੁਰੂ । ਸਿਧਿ—ਸਫਲਤਾ, ਸਿੱਧੀ । ਕਿ—ਕੀਹ ਹੈ? (ਭਾਵ, ਤੁੱਛ ਹੈ) । ਭੋਗੁ—(ਦੁਨੀਆ ਦੇ ਪਦਾਰਥਾਂ ਦਾ) ਮਾਣਨਾ । ਦੁਹੁ ਮਿਲਿ—ਸਤਿਗੁਰੂ ਦਾ ਸ਼ਬਦ ਅਤੇ ਸਿੱਖ ਦੀ ਸੁਰਤ—ਇਹਨਾਂ ਦੋਹਾਂ ਦੇ ਮਿਲਣ ਨਾਲ । ਕਾਰਜੁ ਊਪਜੈ—ਕੰਮ ਸਿਰੇ ਚੜ੍ਹਦਾ ਹੈ । ਸੰਜੋਗ—ਮਿਲਾਪ ।੨।

ਇਹੁ—ਇਹ ਗੁਰ-ਸ਼ਬਦ, ਸਤਿਗੁਰੂ ਦੀ ਬਾਣੀ । ਤਉ—ਤਾਂ । ਬਾਰ—ਵੇਲੇ ।੩।

ਚਿਤੁ ਲਾਇ—ਮਨ ਲਾ ਕੇ, ਪ੍ਰੇਮ ਨਾਲ । ਸੰਸਾ—ਸ਼ੱਕ । ਅੰਤਿ—ਆਖ਼ਰ ਨੂੰ, ਨਤੀਜਾ ਇਹ ਨਿਕਲਦਾ ਹੈ ਕਿ । ਪਰਮ—ਉੱਚੀ ਤੋਂ ਉੱਚੀ । ਗਤਿ—ਆਤਮਕ ਅਵਸਥਾ ।੪।

ਅਰਥ:- (ਸਤਿਗੁਰੂ ਦੇ ਸ਼ਬਦ ਦੀ ਬਰਕਤ ਨਾਲ ਜਿਸ ਮਨੁੱਖ ਦੀ ਸੁਰਤ ਪਰਮਾਤਮਾ ਦੀ) ਜੋਤ ਨਾਲ ਮਿਲ ਕੇ ਇੱਕ-ਰੂਪ ਹੋ ਜਾਂਦੀ ਹੈ, ਉਸ ਦੇ ਅੰਦਰ ਹਉਮੈ ਬਿਲਕੁਲ ਨਹੀਂ ਰਹਿੰਦੀ । ਕੇਵਲ ਉਹੀ ਮਨੁੱਖ ਹਉਮੈ ਨਾਲ ਦੁਖੀ ਹੁੰਦਾ ਹੈ, ਜਿਸ ਦੇ ਅੰਦਰ ਪਰਮਾਤਮਾ ਦਾ ਨਾਮ ਨਹੀਂ ਪੈਦਾ ਹੁੰਦਾ ।੧।

ਹੇ ਮੇਰੇ ਸਾਂਵਲੇ ਸੁਹਣੇ ਰਾਮ! (ਗੁਰੂ ਦੀ ਕਿਰਪਾ ਨਾਲ) ਮੇਰਾ ਮਨ ਤਾਂ ਤੇਰੇ ਚਰਨਾਂ ਵਿਚ ਜੁੜਿਆ ਹੋਇਆ ਹੈ (ਮੈਨੂੰ ਹਉਮੈ ਕਿਉਂ ਦੁਖੀ ਕਰੇ?) ।੧।ਰਹਾਉ।

(ਹਉਮੈ ਦੇ ਅਭਾਵ ਅਤੇ ਅੰਦਰਲੀ ਸ਼ਾਂਤੀ-ਠੰਢ ਦੀ) ਇਹ ਸਿੱਧੀ ਸਤਿਗੁਰੂ ਨੂੰ ਮਿਲਿਆਂ ਲੱਭਦੀ ਹੈ । ਜਦੋਂ ਸਤਿਗੁਰੂ ਦਾ ਸ਼ਬਦ ਅਤੇ ਸਿੱਖ ਦੀ ਸੁਰਤ ਮਿਲਦੇ ਹਨ, ਤਾਂ ਪਰਮਾਤਮਾ ਦੇ ਨਾਮ ਦਾ ਮਿਲਾਪ-ਰੂਪ ਨਤੀਜਾ ਨਿਕਲਦਾ ਹੈ । (ਫਿਰ ਇਸ ਸਿੱਧੀ ਦੇ ਸਾਹਮਣੇ ਜੋਗੀਆਂ ਦਾ) ਜੋਗ ਤੁੱਛ ਹੈ, (ਦੁਨੀਆ ਦੇ ਪਦਾਰਥਾਂ ਦਾ) ਭੋਗਣਾ ਭੀ ਕੋਈ ਚੀਜ਼ ਨਹੀਂ ਹੈ ।੨।

ਜਗਤ ਸਮਝਦਾ ਹੈ ਕਿ ਸਤਿਗੁਰੂ ਦਾ ਸ਼ਬਦ (ਕੋਈ ਸਧਾਰਨ ਜਿਹਾ) ਗੀਤ ਹੀ ਹੈ, ਪਰ ਇਹ ਤਾਂ ਪਰਮਾਤਮਾ ਦੇ ਗੁਣਾਂ ਦੀ ਵਿਚਾਰ ਹੈ (ਜੋ ਹਉਮੈ ਤੋਂ ਜਿਉਂਦਿਆਂ ਹੀ ਮੁਕਤੀ ਦਿਵਾਉਂਦੀ ਹੈ) ਜਿਵੇਂ ਕਾਂਸ਼ੀ ਵਿਚ ਮਨੁੱਖ ਨੂੰ ਮਰਨ ਵੇਲੇ (ਸ਼ਿਵ ਜੀ ਦਾ ਮੁਕਤੀ ਦਾਤਾ) ਉਪਦੇਸ਼ ਮਿਲਦਾ ਖ਼ਿਆਲ ਕੀਤਾ ਜਾਂਦਾ ਹੈ (ਭਾਵ, ਕਾਂਸ਼ੀ ਵਾਲਾ ਉਪਦੇਸ਼ ਤਾਂ ਮਰਨ ਪਿਛੋਂ ਅਸਰ ਕਰਦਾ ਹੋਵੇਗਾ, ਪਰ ਸਤਿਗੁਰੂ ਦਾ ਸ਼ਬਦ ਐਥੇ ਹੀ ਜੀਵਨ-ਮੁਕਤ ਕਰ ਦੇਂਦਾ ਹੈ) ।੩।

ਜੋ ਭੀ ਮਨੁੱਖ ਪ੍ਰੇਮ ਨਾਲ ਪ੍ਰਭੂ ਦਾ ਨਾਮ ਗਾਉਂਦਾ ਹੈ ਜਾਂ ਸੁਣਦਾ ਹੈ, ਹੇ ਕਬੀਰ! ਆਖ—ਇਸ ਵਿਚ ਕੋਈ ਸ਼ੱਕ ਨਹੀਂ ਕਿ ਉਹ ਜ਼ਰੂਰ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ ।੪।੧।੪।੫੫।

ਸ਼ਬਦ ਦਾ ਭਾਵ:- ਜੋ ਮਨੁੱਖ ਸਤਿਗੁਰੂ ਦੇ ਸ਼ਬਦ ਵਿਚ ਮਨ ਜੋੜ ਕੇ ਪ੍ਰਭੂ ਦਾ ਨਾਮ ਸਿਮਰਦਾ ਹੈ, ਉਸ ਦੇ ਅੰਦਰੋਂ ਹਉਮੈ ਦਾ ਰੋਗ ਕੱਟਿਆ ਜਾਂਦਾ ਹੈ, ਉਹ ਜੀਊਂਦਾ ਹੀ ਮੁਕਤ ਹੈ । ਇਹ ਪੱਕੀ ਗੱਲ ਹੈ ਕਿ ਉਸ ਦੀ ਆਤਮਕ ਅਵਸਥਾ ਬਹੁਤ ਹੀ ਉੱਚੀ ਹੋ ਜਾਂਦੀ ਹੈ ।੫੫।

ਗਉੜੀ ॥ ਜੇਤੇ ਜਤਨ ਕਰਤ ਤੇ ਡੂਬੇ ਭਵ ਸਾਗਰੁ ਨਹੀ ਤਾਰਿਓ ਰੇ ॥ ਕਰਮ ਧਰਮ ਕਰਤੇ ਬਹੁ ਸੰਜਮ ਅਹੰਬੁਧਿ ਮਨੁ ਜਾਰਿਓ ਰੇ ॥੧॥ ਸਾਸ ਗ੍ਰਾਸ ਕੋ ਦਾਤੋ ਠਾਕੁਰੁ ਸੋ ਕਿਉ ਮਨਹੁ ਬਿਸਾਰਿਓ ਰੇ ॥ ਹੀਰਾ ਲਾਲੁ ਅਮੋਲੁ ਜਨਮੁ ਹੈ ਕਉਡੀ ਬਦਲੈ ਹਾਰਿਓ ਰੇ ॥੧॥ ਰਹਾਉ ॥ ਤ੍ਰਿਸਨਾ ਤ੍ਰਿਖਾ ਭੂਖ ਭ੍ਰਮਿ ਲਾਗੀ ਹਿਰਦੈ ਨਾਹਿ ਬੀਚਾਰਿਓ ਰੇ ॥ ਉਨਮਤ ਮਾਨ ਹਿਰਿਓ ਮਨ ਮਾਹੀ ਗੁਰ ਕਾ ਸਬਦੁ ਨ ਧਾਰਿਓ ਰੇ ॥੨॥ ਸੁਆਦ ਲੁਭਤ ਇੰਦ੍ਰੀ ਰਸ ਪ੍ਰੇਰਿਓ ਮਦ ਰਸ ਲੈਤ ਬਿਕਾਰਿਓ ਰੇ ॥ ਕਰਮ ਭਾਗ ਸੰਤਨ ਸੰਗਾਨੇ ਕਾਸਟ ਲੋਹ ਉਧਾਰਿਓ ਰੇ ॥੩॥ ਧਾਵਤ ਜੋਨਿ ਜਨਮ ਭ੍ਰਮਿ ਥਾਕੇ ਅਬ ਦੁਖ ਕਰਿ ਹਮ ਹਾਰਿਓ ਰੇ ॥ ਕਹਿ ਕਬੀਰ ਗੁਰ ਮਿਲਤ ਮਹਾ ਰਸੁ ਪ੍ਰੇਮ ਭਗਤਿ ਨਿਸਤਾਰਿਓ ਰੇ ॥੪॥੧॥੫॥੫੬॥ {ਪੰਨਾ 335}

ਪਦਅਰਥ:- ਜੇਤੇ—ਜਿਤਨੇ ਭੀ ਬੰਦੇ । ਤੇ—ਉਹ ਸਾਰੇ । ਭਵ ਸਾਗਰੁ—ਸੰਸਾਰ-ਸਮੁੰਦਰ । ਰੇ—ਹੇ ਭਾਈ! ਕਰਮ—ਧਾਰਮਿਕ ਰਸਮਾਂ । ਧਰਮ—ਵਰਨ ਆਸ਼੍ਰਮਾਂ ਦੀਆਂ ਆਪੋ ਆਪਣੀਆਂ ਰਸਮਾਂ ਕਰਨ ਦਾ ਫ਼ਰਜ਼ । ਸੰਜਮ—ਧਾਰਮਿਕ ਪ੍ਰਣ । ਅਹੰਬੁਧਿ—{ਅਹੰ—ਮੈਂ । ਬੁਧਿ—ਅਕਲ} 'ਮੈਂ, ਮੈਂ' ਕਰਨ ਵਾਲੀ ਅਕਲ, ਹਉਮੈ, ਅਹੰਕਾਰ । ਜਾਰਿਓ—ਸਾੜ ਲਿਆ ।੧।

ਸਾਸ—ਸਾਹ, ਸੁਆਸ, ਜਿੰਦ । ਗ੍ਰਾਸ—ਗ੍ਰਾਹੀ, ਰੋਜ਼ੀ । ਕਉਡੀ ਬਦਲੈ—ਕੌਡੀ ਦੀ ਖ਼ਾਤਰ । ਹਾਰਿਓ—ਗੰਵਾ ਦਿੱਤਾ ।੧।ਰਹਾਉ।

ਤ੍ਰਿਸਨਾ—ਤ੍ਰੇਹ, ਲਾਲਸਾ, । ਤ੍ਰਿਖਾ—ਤ੍ਰੇਹ, ਲਾਲਸਾ । ਭ੍ਰਮਿ—ਭਰਮ ਵਿਚ, ਭਟਕਣਾ ਦੇ ਕਾਰਨ । ਉਨਮਤ—ਮਸਤਿਆ ਹੋਇਆ । ਹਿਰਿਓ—ਠੱਗਿਆ ਹੋਇਆ । ਮਾਨ ਹਿਰਿਓ—ਹੰਕਾਰ ਦਾ ਠੱਗਿਆ ਹੋਇਆ ।੨।

ਲੁਭਤ—ਲੋਭੀ । ਰਸ—ਚਸਕੇ । ਮਦ—ਨਸ਼ਾ । ਕਰਮ—ਚੰਗੇ ਕੰਮ । ਕਰਮ ਭਾਗ—ਜਿਨ੍ਹਾਂ ਦੇ ਭਾਗਾਂ ਵਿਚ ਪਿਛਲੇ ਕੀਤੇ ਚੰਗੇ ਕੰਮ ਹਨ । ਕਾਸਟ—ਲੱਕੜੀ ।੩।

ਧਾਵਤ—ਦੌੜਦੇ ਦੌੜਦੇ । ਭ੍ਰਮਿ—ਭਟਕਣਾ ਵਿਚ । ਦੁਖ ਕਰਿ—ਦੁੱਖ ਪਾ ਪਾ ਕੇ । ਹਾਰਿਓ—ਹਾਰ ਗਿਆ ਹਾਂ, ਥੱਕ ਗਿਆ ਹਾਂ । ਕਹਿ—ਕਹੈ, ਆਖਦਾ ਹੈ । ਗੁਰ ਮਿਲਤ—ਗੁਰੂ ਨੂੰ ਮਿਲਦਿਆਂ ਹੀ ।੪।

ਅਰਥ:- ਹੇ ਭਾਈ! ਧਾਰਮਿਕ ਰਸਮਾਂ, ਵਰਨ ਆਸ਼੍ਰਮਾਂ ਦੀਆਂ ਆਪੋ ਆਪਣੀਆਂ ਰਸਮਾਂ ਕਰਨ ਦੇ ਫ਼ਰਜ਼ ਅਤੇ ਹੋਰ ਕਈ ਕਿਸਮ ਦੇ ਧਾਰਮਿਕ ਪ੍ਰਣ ਕਰਨ ਨਾਲ ਹਉਮੈ (ਮਨੁੱਖ ਦੇ) ਮਨ ਨੂੰ ਸਾੜ ਦੇਂਦੀ ਹੈ । ਜਿਹੜੇ ਜਿਹੜੇ ਭੀ ਮਨੁੱਖ ਅਜਿਹੇ ਜਤਨ ਕਰਦੇ ਹਨ, ਉਹ ਸਾਰੇ (ਸੰਸਾਰ-ਸਮੁੰਦਰ ਵਿਚ) ਡੁੱਬ ਜਾਂਦੇ ਹਨ, ਇਹ ਰਸਮਾਂ ਸੰਸਾਰ-ਸਮੁੰਦਰ ਤੋਂ ਪਾਰ ਨਹੀਂ ਲੰਘਾਉਂਦੀਆਂ (ਸੰਸਾਰ ਦੇ ਵਿਕਾਰਾਂ ਤੋਂ ਬਚਾ ਨਹੀਂ ਸਕਦੀਆਂ) ।੧।

ਹੇ ਭਾਈ! ਜਿੰਦ ਤੇ ਰੋਜ਼ੀ ਦੇ ਦੇਣ ਵਾਲਾ ਇਕ ਪਰਮਾਤਮਾ ਹੀ ਹੈ । ਤੂੰ ਉਸ ਨੂੰ ਆਪਣੇ ਮਨੋਂ ਕਿਉਂ ਭੁਲਾ ਦਿੱਤਾ ਹੈ? ਇਹ (ਮਨੁੱਖਾ-) ਜਨਮ (ਮਾਨੋ) ਹੀਰਾ ਹੈ, ਅਮੋਲਕ ਲਾਲ ਹੈ, ਪਰ ਤੂੰ ਤਾਂ ਇਸ ਨੂੰ ਕੌਡੀ ਦੀ ਖ਼ਾਤਰ ਗਵਾ ਦਿੱਤਾ ਹੈ ।੧।ਰਹਾਉ।

ਹੇ ਭਾਈ! ਤੂੰ ਕਦੇ ਆਪਣੇ ਦਿਲ ਵਿਚ ਵਿਚਾਰ ਨਹੀਂ ਕੀਤੀ ਕਿ ਭਟਕਣਾ ਦੇ ਕਾਰਨ ਤੈਨੂੰ ਤਾਂ ਮਾਇਆ ਦੀ ਭੁੱਖ-ਤ੍ਰੇਹ ਲੱਗੀ ਹੋਈ ਹੈ । (ਕਰਮਾਂ ਧਰਮਾਂ ਵਿਚ ਹੀ) ਤੂੰ ਮਸਤਿਆ ਤੇ ਹੰਕਾਰਿਆ ਰਹਿੰਦਾ ਹੈਂ । ਗੁਰੂ ਦਾ ਸ਼ਬਦ ਤੂੰ ਕਦੇ ਆਪਣੇ ਮਨ ਵਿਚ ਵਸਾਇਆ ਹੀ ਨਹੀਂ ।੨।

(ਪ੍ਰਭੂ ਨੂੰ ਵਿਸਾਰਨ ਕਰਕੇ) ਤੂੰ (ਦੁਨੀਆ ਦੇ) ਸੁਆਦਾਂ ਦਾ ਲੋਭੀ ਬਣ ਰਿਹਾ ਹੈਂ । ਇੰਦ੍ਰੀ ਦੇ ਚਸਕੇ ਦਾ ਪ੍ਰੇਰਿਆ ਹੋਇਆ ਤੂੰ ਵਿਕਾਰਾਂ ਦੇ ਨਸ਼ੇ ਦੇ ਸੁਆਦ ਲੈਂਦਾ ਰਹਿੰਦਾ ਹੈਂ । ਜਿਨ੍ਹਾਂ ਦੇ ਮੱਥੇ ਉੱਤੇ ਚੰਗੇ ਭਾਗ (ਜਾਗਦੇ) ਹਨ, ਉਹਨਾਂ ਨੂੰ ਸਾਧ-ਸੰਗਤ ਵਿਚ (ਲਿਆ ਕੇ ਪ੍ਰਭੂ ਵਿਕਾਰਾਂ ਤੋਂ ਇਉਂ) ਬਚਾਉਂਦਾ ਹੈ ਜਿਵੇਂ ਲੱਕੜੀ ਲੋਹੇ ਨੂੰ (ਸਮੁੰਦਰ ਤੋਂ) ਪਾਰ ਲੰਘਾਉਂਦੀ ਹੈ ।੩।

ਕਬੀਰ ਆਖਦਾ ਹੈ—ਜੂਨਾਂ ਵਿਚ, ਜਨਮਾਂ ਵਿਚ ਦੌੜ ਦੌੜ ਕੇ, ਭਟਕ ਭਟਕ ਕੇ ਮੈਂ ਤਾਂ ਥੱਕ ਗਿਆ ਹਾਂ । ਦੁੱਖ ਸਹਾਰ ਸਹਾਰ ਕੇ ਹੋਰ ਆਸਰੇ ਛੱਡ ਬੈਠਾ ਹਾਂ (ਅਤੇ ਗੁਰੂ ਦੀ ਸ਼ਰਨ ਲਈ ਹੈ) ਸਤਿਗੁਰੂ ਨੂੰ ਮਿਲਦਿਆਂ ਹੀ (ਪ੍ਰਭੂ ਦਾ ਨਾਮ-ਰੂਪ) ਸਭ ਤੋਂ ਸ੍ਰੇਸ਼ਟ ਰਸ ਪੈਦਾ ਹੁੰਦਾ ਹੈ, ਅਤੇ ਪਿਆਰ ਨਾਲ ਕੀਤੀ ਹੋਈ ਪ੍ਰਭੂ ਦੀ ਭਗਤੀ (ਸੰਸਾਰ-ਸਮੁੰਦਰ ਦੀਆਂ ਵਿਕਾਰਾਂ ਦੀਆਂ ਲਹਿਰਾਂ ਤੋਂ) ਬਚਾ ਲੈਂਦੀ ਹੈ ।੪।੧।੫।੫੬।

ਸ਼ਬਦ ਦਾ ਭਾਵ:- ਨਿਰੀਆਂ ਧਾਰਮਿਕ ਰਸਮਾਂ ਤੇ ਵਰਨ ਆਸ਼੍ਰਮਾਂ ਦੀਆਂ ਰਸਮਾਂ ਤਾਂ ਸਗੋਂ ਹਉਮੈ ਪੈਦਾ

ਕਰਦੀਆਂ ਹਨ, ਮਾਇਆ ਵਿਚ ਹੀ ਫਸਾਉਂਦੀਆਂ ਹਨ । ਪ੍ਰਭੂ ਦੀ ਮਿਹਰ ਨਾਲ ਜੋ ਮਨੁੱਖ ਸਤ-ਸੰਗ ਵਿਚ ਆ ਕੇ ਨਾਮ ਸਿਮਰਦਾ ਹੈ, ਉਹੀ ਵਿਕਾਰਾਂ ਤੋਂ ਬਚਦਾ ਹੈ ।੫੬।

ਗਉੜੀ ॥ ਕਾਲਬੂਤ ਕੀ ਹਸਤਨੀ ਮਨ ਬਉਰਾ ਰੇ ਚਲਤੁ ਰਚਿਓ ਜਗਦੀਸ ॥ ਕਾਮ ਸੁਆਇ ਗਜ ਬਸਿ ਪਰੇ ਮਨ ਬਉਰਾ ਰੇ ਅੰਕਸੁ ਸਹਿਓ ਸੀਸ ॥੧॥ ਬਿਖੈ ਬਾਚੁ ਹਰਿ ਰਾਚੁ ਸਮਝੁ ਮਨ ਬਉਰਾ ਰੇ ॥ ਨਿਰਭੈ ਹੋਇ ਨ ਹਰਿ ਭਜੇ ਮਨ ਬਉਰਾ ਰੇ ਗਹਿਓ ਨ ਰਾਮ ਜਹਾਜੁ ॥੧॥ ਰਹਾਉ ॥ ਮਰਕਟ ਮੁਸਟੀ ਅਨਾਜ ਕੀ ਮਨ ਬਉਰਾ ਰੇ ਲੀਨੀ ਹਾਥੁ ਪਸਾਰਿ ॥ ਛੂਟਨ ਕੋ ਸਹਸਾ ਪਰਿਆ ਮਨ ਬਉਰਾ ਰੇ ਨਾਚਿਓ ਘਰ ਘਰ ਬਾਰਿ ॥੨॥ ਜਿਉ ਨਲਨੀ ਸੂਅਟਾ ਗਹਿਓ ਮਨ ਬਉਰਾ ਰੇ ਮਾਯਾ ਇਹੁ ਬਿਉਹਾਰੁ ॥ ਜੈਸਾ ਰੰਗੁ ਕਸੁੰਭ ਕਾ ਮਨ ਬਉਰਾ ਰੇ ਤਿਉ ਪਸਰਿਓ ਪਾਸਾਰੁ ॥੩॥ ਨਾਵਨ ਕਉ ਤੀਰਥ ਘਨੇ ਮਨ ਬਉਰਾ ਰੇ ਪੂਜਨ ਕਉ ਬਹੁ ਦੇਵ ॥ ਕਹੁ ਕਬੀਰ ਛੂਟਨੁ ਨਹੀ ਮਨ ਬਉਰਾ ਰੇ ਛੂਟਨੁ ਹਰਿ ਕੀ ਸੇਵ ॥੪॥੧॥੬॥੫੭॥ {ਪੰਨਾ 336}

ਪਦਅਰਥ:- ਕਾਲਬੂਤ—ਕਲਬੂਤ, ਢਾਂਚਾ । ਹਸਤਨੀ—ਹਥਣੀ {ਹਾਥੀ ਜੰਗਲ ਵਿਚੋਂ ਫੜਨ ਲਈ ਲੋਕ ਲੱਕੜੀ ਦਾ ਹਥਣੀ ਦਾ ਢਾਂਚਾ ਬਣਾ ਕੇ ਉਸ ਉੱਤੇ ਕਾਗ਼ਜ਼ ਲਾ ਕੇ ਹਥਣੀ ਜਿਹੀ ਬਣਾ ਕੇ ਕਿਤੇ ਟੋਏ ਉੱਤੇ ਖੜੀ ਕਰ ਦੇਂਦੇ ਹਨ । ਕਾਮ ਵਿਚ ਮਸਤਿਆ ਹਾਥੀ ਆ ਕੇ ਉਸ ਕਲਬੂਤ ਨੂੰ ਹਥਣੀ ਸਮਝ ਕੇ ਉਸ ਵਲ ਵਧਦਾ ਹੈ, ਪਰ ਟੋਏ ਵਿਚ ਡਿੱਗ ਪੈਂਦਾ ਹੈ ਤੇ ਫੜਿਆ ਜਾਂਦਾ ਹੈ} । ਬਉਰਾ—ਕਮਲਾ । ਚਲਤੁ—ਖੇਡ, ਤਮਾਸ਼ਾ । ਜਗਦੀਸ—ਜਗਤ ਦਾ ਮਾਲਕ ਪ੍ਰਭੂ । ਸੁਆਇ—ਸੁਆਉ ਵਿਚ, ਸੁਆਉ ਦੇ ਕਾਰਨ, ਸੁਆਦ ਦੇ ਕਾਰਨ, ਚਸਕੇ ਵਿਚ, ਵਾਸ਼ਨਾ ਦੇ ਕਾਰਨ । ਬਸਿ ਪਰੇ—ਕਾਬੂ ਆ ਜਾਂਦਾ ਹੈ । ਅੰਕਸੁ—ਲੋਹੇ ਦੀ ਸੀਖ ਜੋ ਹਾਥੀ ਨੂੰ ਤੋਰਨ ਲਈ ਮਹਾਵਤ ਉਸ ਦੀ ਧੌਣ ਉਤੇ ਮਾਰਦਾ ਹੈ । ਸੀਸਿ—ਸਿਰ ਉਤੇ ।੧।

ਬਿਖੈ—ਵਿਸ਼ੇ-ਵਿਕਾਰ । ਬਾਚੁ—ਬਚ ਕੇ ਰਹੁ । ਰਾਚੁ—ਲੀਨ ਹੋਹੁ । ਨਿਰਭੈ—ਨਿਡਰ {ਆਮ ਤੌਰ ਤੇ ਮਨੁੱਖ ਨੂੰ ਰੋਜ਼ੀ ਦਾ ਸਹਿਮ ਲੱਗਾ ਰਹਿੰਦਾ ਹੈ, ਲਾਲਚ ਵਿਚ ਫਸਦਾ ਹੈ; ਜੋ ਰੋਜ਼ੀ ਪਹਿਲਾਂ ਨਿਰਬਾਹ ਦੀ ਖ਼ਾਤਰ ਕਮਾਂਦਾ ਹੈ, ਉਸ ਨੂੰ ਸਹਿਜੇ ਸਹਿਜੇ ਜ਼ਿੰਦਗੀ ਦਾ ਆਸਰਾ ਸਮਝ ਬੈਠਦਾ ਹੈ ਤੇ ਇਸ ਤਰ੍ਹਾਂ ਇਹ ਸਹਿਮ ਬਣ ਜਾਂਦਾ ਹੈ ਕਿ ਮਤਾਂ ਕਿਤੇ ਇਹ ਮਾਇਆ ਗੁਆਚ ਨ ਜਾਏ, ਨੁਕਸਾਨ ਨ ਹੋ ਜਾਏ । ਬੱਸ! ਸਾਰੀ ਉਮਰ ਇਸ ਸਹਿਮ ਵਿਚ ਹੀ ਲੰਘਦੀ ਹੈ} । ਗਹਿਓ ਨ—ਪਕੜਿਆ ਨਹੀਂ, ਆਸਰਾ ਨਹੀਂ ਲਿਆ ।੧।ਰਹਾਉ।

ਮਰਕਟ—ਬਾਂਦਰ । ਮੁਸਟੀ—ਮੁੱਠੀ । ਪਸਾਰਿ—ਖਿਲਾਰ ਕੇ । ਸਹਸਾ—ਸਹਿਮ । ਘਰ ਘਰ ਬਾਰਿ—ਹਰੇਕ ਘਰ ਦੇ ਬੂਹੇ ਤੇ । ਬਾਰਿ—ਬੂਹੇ ਤੇ । {ਨੋਟ:- ਲੋਕ ਬਾਂਦਰਾਂ ਨੂੰ ਫੜਨ ਲਈ ਭੀੜੇ ਮੂੰਹ ਵਾਲਾ ਭਾਂਡਾ ਲੈ ਕੇ ਜ਼ਮੀਨ ਵਿਚ ਦੱਬ ਦੇਂਦੇ ਹਨ, ਉਸ ਵਿਚ ਭੁੱਜੇ ਹੋਏ ਛੋਲੇ ਪਾ ਕੇ ਮੂੰਹ ਨੰਗਾ ਰੱਖਦੇ ਹਨ । ਬਾਂਦਰ ਆਪਣਾ ਹੱਥ ਭਾਂਡੇ ਵਿਚ ਪਾ ਕੇ ਦਾਣਿਆਂ ਦੀ ਮੁੱਠ ਭਰ ਲੈਂਦਾ ਹੈ, ਪਰ ਭਰੀ ਹੋਈ ਮੁੱਠ ਭੀੜੇ ਮੂੰਹ ਵਿਚੋਂ ਨਿਕਲ ਨਹੀਂ ਸਕਦੀ, ਤੇ ਲੋਭ ਵਿਚ ਫਸਿਆ ਹੋਇਆ ਬਾਂਦਰ ਦਾਣੇ ਭੀ ਨਹੀਂ ਛੱਡਦਾ । ਇਸ ਤਰ੍ਹਾਂ ਉੱਥੇ ਹੀ ਫੜਿਆ ਜਾਂਦਾ ਹੈ । ਇਹੀ ਹਾਲ ਮਨੁੱਖ ਦਾ ਹੁੰਦਾ ਹੈ, ਸਹਿਜੇ ਸਹਿਜੇ ਮਾਇਆ ਵਿਚ ਮਨ ਫਸਾ ਕੇ ਆਖ਼ਰ ਹੋਰ ਹੋਰ ਮਾਇਆ ਦੀ ਖ਼ਾਤਰ ਘਿਰ ਘਿਰ ਦੀ ਖ਼ੁਸ਼ਾਮਦ ਕਰਦਾ ਹੈ} ।੨।

ਨਲਨੀ—ਤੋਤਿਆਂ ਨੂੰ ਫੜਨ ਵਾਲੇ ਲੋਕ ਲੱਕੜੀ ਦਾ ਇੱਕ ਨਿੱਕਾ ਜਿਹਾ ਢੋਲ ਬਣਾ ਕੇ ਦੋ ਪਾਸੀਂ ਡੰਡਿਆਂ ਦੇ ਆਸਰੇ ਖੜਾ ਕਰ ਦੇਂਦੇ ਹਨ । ਵਿਚਕਾਰ ਤੋਤੇ ਲਈ ਚੋਗਾ ਪਾ ਦੇਂਦੇ ਹਨ, ਤੇ ਇਸ ਢੋਲ ਜਿਹੇ ਦੇ ਹੇਠਲੇ ਪਾਸੇ

ਪਾਣੀ ਦਾ ਭਰਿਆ ਇਕ ਭਾਂਡਾ ਰੱਖਦੇ ਹਨ । ਤੋਤਾ ਚੋਗੇ ਦੀ ਖ਼ਾਤਰ ਉਸ ਚੱਕਰ ਉੱਤੇ ਆ ਬੈਠਦਾ ਹੈ । ਪਰ ਤੋਤੇ ਦੇ ਭਾਰ ਨਾਲ ਚੱਕਰ ਉਲਟ ਜਾਂਦਾ ਹੈ, ਤੋਤਾ ਹੇਠਲੇ ਪਾਸੇ ਲਮਕ ਪੈਂਦਾ ਹੈ । ਹੇਠਾਂ ਪਾਣੀ ਵੇਖ ਕੇ ਤੋਤਾ ਸਹਿਮ ਜਾਂਦਾ ਹੈ ਕਿ ਕਿਤੇ ਪਾਣੀ ਵਿਚ ਡਿੱਗ ਕੇ ਡੁੱਬ ਨਾਹ ਜਾਵਾਂ । ਇਸ ਡਰ ਦੇ ਕਾਰਨ ਲੱਕੜੀ ਦੇ ਯੰਤ੍ਰ ਨੂੰ ਘੁੱਟ ਕੇ ਪਕੜੀ ਰੱਖਦਾ ਹੈ ਤੇ ਫਸ ਜਾਂਦਾ ਹੈ । ਇਹੀ ਹਾਲ ਮਨੁੱਖ ਦਾ ਹੈ । ਪਹਿਲਾਂ ਇਹ ਰੋਜ਼ੀ ਸਿਰਫ਼ ਨਿਰਬਾਹ ਦੀ ਖ਼ਾਤਰ ਕਮਾਈਦੀ ਹੈ । ਸਹਿਜੇ ਸਹਿਜੇ ਇਹ ਸਹਿਮ ਬਣਦਾ ਹੈ ਕਿ ਜੇ ਇਹ ਕਮਾਈ ਰੁੜ੍ਹ ਗਈ ਤਾਂ ਕੀਹ ਹੋਵੇਗਾ, ਬਿਰਧ ਉਮਰ ਲਈ ਜੇ ਬਚਾਅ ਕੇ ਨਾਹ ਰੱਖਿਆ ਤਾਂ ਕਿਵੇਂ ਗੁਜ਼ਾਰਾ ਹੋਵੇਗਾ । ਇਸ ਸਹਿਮ ਵਿਚ ਪੈ ਕੇ ਮਨੁੱਖ ਮਾਇਆ ਦੇ ਮੋਹ ਦੇ ਪਿੰਜਰੇ ਵਿਚ ਫਸ ਜਾਂਦਾ ਹੈ} । ਸੂਅਟਾ—ਅੰਞਾਣ ਤੋਤਾ {ਸੰ: ਸ਼ੁਕ—ਤੋਤਾ । ਸ਼ੁਕਟਾ—ਨਿੱਕਾ ਜਿਹਾ ਤੋਤਾ, ਅੰਞਾਣ ਤੋਤਾ । ਸੰਸਕ੍ਰਿਤ ਲਫ਼ਜ਼ 'ਸ਼ੁਕਟ' ਤੋਂ 'ਸੂਅਟਾ' ਪ੍ਰਾਕ੍ਰਿਤ-ਰੂਪ ਹੈ} । ਗਹਿਓ—ਫੜਿਆ ਜਾਂਦਾ ਹੈ । ਬਿਉਹਾਰੁ—ਵਰਤਾਰਾ, ਸਲੂਕ । ਕਸੁੰਭ—ਇਕ ਕਿਸਮ ਦਾ ਫੁੱਲ ਹੈ, ਇਸ ਨਾਲ ਲੋਕ ਕੱਪੜੇ ਰੰਗਿਆ ਕਰਦੇ ਸਨ, ਰੰਗ ਚੰਗਾ ਸ਼ੋਖ ਹੁੰਦਾ ਹੈ, ਪਰ ਇਕ ਦੋ ਦਿਨ ਵਿਚ ਹੀ ਭੈੜਾ ਪੈ ਜਾਂਦਾ ਹੈ ।੩।

ਨਾਵਨ ਕਉ—ਇਸ਼ਨਾਨ ਕਰਨ ਲਈ । ਘਨੇ—ਬਥੇਰੇ । ਪੂਜਨ ਕਉ—ਪੂਜਾ ਕਰਨ ਲਈ । ਛੂਟਨੁ—ਖ਼ਲਾਸੀ, ਮਾਇਆ ਦੇ ਮੋਹ ਤੇ ਸਹਿਮ ਤੋਂ ਖ਼ਲਾਸੀ । ਸੇਵ—ਸੇਵਾ, ਬੰਦਗੀ ।੪।

ਅਰਥ:- ਹੇ ਕਮਲੇ ਮਨਾ! (ਇਹ ਜਗਤ) ਪਰਮਾਤਮਾ ਨੇ (ਜੀਵਾਂ ਨੂੰ ਰੁੱਝੇ ਰੱਖਣ ਲਈ) ਇਕ ਖੇਡ ਬਣਾਈ ਹੈ ਜਿਵੇਂ (ਲੋਕ ਹਾਥੀ ਨੂੰ ਫੜਨ ਲਈ) ਕਲਬੂਤ ਦੀ ਹਥਣੀ (ਬਣਾਉਂਦੇ ਹਨ); (ਉਸ ਹਥਣੀ ਨੂੰ ਵੇਖ ਕੇ) ਕਾਮ ਦੀ ਵਾਸ਼ਨਾ ਦੇ ਕਾਰਨ ਹਾਥੀ ਫੜਿਆ ਜਾਂਦਾ ਹੈ ਤੇ ਆਪਣੇ ਸਿਰ ਉੱਤੇ (ਸਦਾ ਮਹਾਉਤ ਦਾ) ਅੰਕਸ ਸਹਾਰਦਾ ਹੈ, (ਤਿਵੇਂ) ਹੇ ਝੱਲੇ ਮਨ! (ਤੂੰ ਭੀ ਮਨ-ਮੋਹਨੀ ਮਾਇਆ ਵਿਚ ਫਸ ਕੇ ਦੁੱਖ ਸਹਾਰਦਾ ਹੈਂ) ।੧।

ਹੇ ਮੂਰਖ ਮਨ! ਅਕਲ ਕਰ, ਵਿਸ਼ਿਆਂ ਤੋਂ ਬਚਿਆ ਰਹੁ ਤੇ ਪ੍ਰਭੂ ਵਿਚ ਜੁੜਿਆ ਕਰ । ਤੂੰ ਸਹਿਮ ਛੱਡ ਕੇ ਕਿਉਂ ਪਰਮਾਤਮਾ ਨੂੰ ਨਹੀਂ ਸਿਮਰਦਾ ਤੇ ਕਿਉਂ ਪ੍ਰਭੂ ਦਾ ਆਸਰਾ ਨਹੀਂ ਲੈਂਦਾ? ।੧।ਰਹਾਉ।

ਹੇ ਕਮਲੇ ਮਨ! ਬਾਂਦਰ ਨੇ ਹੱਥ ਖਿਲਾਰ ਕੇ ਦਾਣਿਆਂ ਦੀ ਮੁੱਠ ਭਰ ਲਈ ਤੇ ਉਸ ਨੂੰ ਸਹਿਮ ਪੈ ਗਿਆ ਕਿ ਕੈਦ ਵਿਚੋਂ ਕਿਵੇਂ ਨਿਕਲੇ । (ਉਸ ਲਾਲਚ ਦੇ ਕਾਰਨ ਹੁਣ) ਹਰੇਕ ਘਰ ਦੇ ਬੂਹੇ ਤੇ ਨੱਚਦਾ ਫਿਰਦਾ ਹੈ ।੨।

ਹੇ ਝੱਲੇ ਮਨਾਂ! ਜਗਤ ਦੀ ਮਾਇਆ ਦਾ ਇਉਂ ਹੀ ਵਰਤਾਰਾ ਹੈ (ਭਾਵ, ਮਾਇਆ ਜੀਵ ਨੂੰ ਇਉਂ ਹੀ ਮੋਹ ਵਿਚ ਫਸਾਉਂਦੀ ਹੈ) ਜਿਵੇਂ ਤੋਤਾ ਨਲਨੀ (ਤੇ ਬੈਠ ਕੇ) ਫਸ ਜਾਂਦਾ ਹੈ । ਹੇ ਕਮਲੇ ਮਨ! ਜਿਵੇਂ ਕਸੁੰਭੇ ਦਾ ਰੰਗ (ਥੋੜੇ ਹੀ ਦਿਨ ਰਹਿੰਦਾ) ਹੈ, ਇਸੇ ਤਰ੍ਹਾਂ ਜਗਤ ਦਾ ਖਿਲਾਰਾ (ਚਾਰ ਦਿਨ ਲਈ ਹੀ) ਖਿਲਰਿਆ ਹੋਇਆ ਹੈ ।੩।

ਹੇ ਕਬੀਰ! ਆਖ—ਹੇ ਝੱਲੇ ਮਨਾਂ! (ਭਾਵੇਂ) ਇਸ਼ਨਾਨ ਕਰਨ ਲਈ ਬਥੇਰੇ ਤੀਰਥ ਹਨ, ਤੇ ਪੂਜਣ ਲਈ ਬਥੇਰੇ ਦੇਵਤੇ ਹਨ (ਭਾਵ, ਭਾਵੇਂ ਲੋਕ ਕਈ ਤੀਰਥਾਂ ਤੇ ਜਾ ਕੇ ਇਸ਼ਨਾਨ ਕਰਦੇ ਹਨ ਤੇ ਕਈ ਦੇਵਤਿਆਂ ਦੀ ਪੂਜਾ ਕਰਦੇ ਹਨ) ਪਰ (ਇਸ ਸਹਿਮ ਤੋਂ ਤੇ ਮਾਇਆ ਦੇ ਮੋਹ ਤੋਂ) ਖ਼ਲਾਸੀ ਨਹੀਂ ਹੋ ਸਕਦੀ । ਖ਼ਲਾਸੀ ਸਿਰਫ਼ ਪ੍ਰਭੂ ਦਾ ਸਿਮਰਨ ਕੀਤਿਆਂ ਹੀ ਹੁੰਦੀ ਹੈ ।੪।੧।੬।੫੭।

ਸ਼ਬਦ ਦਾ ਭਾਵ:- ਜੀਵ ਮਾਇਆ ਦੇ ਮੋਹ ਵਿਚ ਫਸ ਕੇ ਅਕਾਲ ਪੁਰਖ ਨੂੰ ਵਿਸਾਰ ਦੇਂਦਾ ਹੈ, ਤੇ ਕਈ ਕਿਸਮ ਦੇ ਦੁੱਖ ਸਹਿੰਦਾ ਹੈ । ਫਿਰ ਇਹਨਾਂ ਦੁੱਖਾਂ ਤੋਂ ਬਚਣ ਲਈ ਕਿਤੇ ਤੀਰਥਾਂ ਦੇ ਇਸ਼ਨਾਨ ਕਰਦਾ ਫਿਰਦਾ ਹੈ, ਕਿਤੇ ਦੇਵੀ ਦੇਵਤਿਆਂ ਦੀ ਪੂਜਾ ਕਰਦਾ ਹੈ, ਪਰ ਦੁੱਖਾਂ ਤੋਂ ਬਚਾਅ ਨਹੀਂ ਹੁੰਦਾ । ਇਹਨਾਂ ਦਾ ਇਲਾਜ ਇਕ ਪ੍ਰਭੂ ਦੀ ਯਾਦ ਹੀ ਹੈ ਕਿਉਂਕਿ ਇਹ ਸਹਿਮ ਵਾਪਰਦੇ ਹੀ ਤਦੋਂ ਹਨ ਜਦੋਂ ਜੀਵ ਪ੍ਰਭੂ ਨੂੰ ਭੁਲਾ ਦੇਂਦਾ ਹੈ ।੫੭।

ਗਉੜੀ ॥ ਅਗਨਿ ਨ ਦਹੈ ਪਵਨੁ ਨਹੀ ਮਗਨੈ ਤਸਕਰੁ ਨੇਰਿ ਨ ਆਵੈ ॥ ਰਾਮ ਨਾਮ ਧਨੁ ਕਰਿ ਸੰਚਉਨੀ ਸੋ ਧਨੁ ਕਤ ਹੀ ਨ ਜਾਵੈ ॥੧॥ ਹਮਰਾ ਧਨੁ ਮਾਧਉ ਗੋਬਿੰਦੁ ਧਰਣੀਧਰੁ ਇਹੈ ਸਾਰ ਧਨੁ ਕਹੀਐ ॥ ਜੋ ਸੁਖੁ ਪ੍ਰਭ ਗੋਬਿੰਦ ਕੀ ਸੇਵਾ ਸੋ ਸੁਖੁ ਰਾਜਿ ਨ ਲਹੀਐ ॥੧॥ ਰਹਾਉ ॥ ਇਸੁ ਧਨ ਕਾਰਣਿ ਸਿਵ ਸਨਕਾਦਿਕ ਖੋਜਤ ਭਏ ਉਦਾਸੀ ॥ ਮਨਿ ਮੁਕੰਦੁ ਜਿਹਬਾ ਨਾਰਾਇਨੁ ਪਰੈ ਨ ਜਮ ਕੀ ਫਾਸੀ ॥੨॥ ਨਿਜ ਧਨੁ ਗਿਆਨੁ ਭਗਤਿ ਗੁਰਿ ਦੀਨੀ ਤਾਸੁ ਸੁਮਤਿ ਮਨੁ ਲਾਗਾ ॥ ਜਲਤ ਅੰਭ ਥੰਭਿ ਮਨੁ ਧਾਵਤ ਭਰਮ ਬੰਧਨ ਭਉ ਭਾਗਾ ॥੩॥ ਕਹੈ ਕਬੀਰੁ ਮਦਨ ਕੇ ਮਾਤੇ ਹਿਰਦੈ ਦੇਖੁ ਬੀਚਾਰੀ ॥ ਤੁਮ ਘਰਿ ਲਾਖ ਕੋਟਿ ਅਸ੍ਵ ਹਸਤੀ ਹਮ ਘਰਿ ਏਕੁ ਮੁਰਾਰੀ ॥੪॥੧॥੭॥੫੮॥

{ਪੰਨਾ 336}

ਪਦਅਰਥ:- ਦਹੈ—ਸਾੜਦੀ । ਮਗਨੈ—ਗੁੰਮ ਕਰਦੀ, ਲੋਪ ਕਰਦੀ, ਉਡਾ ਲੈ ਜਾਂਦੀ । ਤਸਕਰੁ—ਚੋਰ । ਨੇਰਿ—ਨੇੜੇ । ਸੰਚਉਨੀ ਕਰਿ—ਇਕੱਠਾ ਕਰ, ਜੋੜ । ਕਤਹੀ—ਕਿਤੇ ਭੀ ।੧।

ਧਰਣੀ ਧਰੁ—ਧਰਤੀ ਦਾ ਆਸਰਾ । ਸਾਰ—ਸ੍ਰੇਸ਼ਟ, ਸਭ ਤੋਂ ਵਧੀਆ । ਰਾਜਿ—ਰਾਜ ਵਿਚ ।੧।ਰਹਾਉ।

ਸਨਕਾਦਿਕ—ਸਨਕ ਆਦਿਕ ਬ੍ਰਹਮਾ ਦੇ ਚਾਰੇ ਪੁੱਤਰ । ਉਦਾਸੀ—ਵਿਰਕਤ । ਮਨਿ—(ਜਿਸ ਮਨੁੱਖ ਦੇ) ਮਨ ਵਿਚ । ਮੁਕੰਦ—ਮੁਕਤੀ ਦੇਣ ਵਾਲਾ ਪ੍ਰਭੂ । ਫਾਸੀ—ਫਾਹੀ ।੨।

ਨਿਜ ਧਨੁ—ਨਿਰੋਲ ਆਪਣਾ ਧਨ । ਗੁਰਿ—ਗੁਰੂ ਨੇ । ਤਾਸੁ—ਉਸ (ਭਗਤੀ) ਵਿਚ । ਸੁਮਤਿ ਮਨੁ—ਸ੍ਰੇਸ਼ਟ ਮਤ ਵਾਲੇ ਬੰਦੇ ਦਾ ਮਨ । ਜਲਤ—ਸੜਦੇ ਨੂੰ । ਅੰਭ—ਪਾਣੀ । ਥੰਭਿ—ਥੰਮ੍ਹੀ ।੩।

ਮਦਨ—ਕਾਮ ਵਾਸ਼ਨਾ । ਮਾਤੇ—ਮਸਤੇ ਹੋਏ । ਬੀਚਾਰੀ—ਵਿਚਾਰ ਕੇ, ਸੋਚ ਕੇ । ਤੁਮ ਘਰਿ—ਤੁਹਾਡੇ ਘਰ ਵਿਚ । ਕੋਟਿ—ਕ੍ਰੋੜਾਂ । ਅਸ੍ਵ—ਘੋੜੇ । ਹਸਤੀ—ਹਾਥੀ । ਮੁਰਾਰੀ—{ਮੁਰ—ਅਰਿ; ਮੁਰ ਦੈਂਤ ਦਾ ਵੈਰੀ} ਪਰਮਾਤਮਾ ।੪।

ਅਰਥ:- (ਹੇ ਭਾਈ!) ਪਰਮਾਤਮਾ ਦਾ ਨਾਮ-ਰੂਪ ਧਨ ਇਕੱਠਾ ਕਰ, ਇਹ ਕਿਧਰੇ ਨਾਸ ਨਹੀਂ ਹੁੰਦਾ । ਇਸ ਧਨ ਨੂੰ ਨਾਹ ਅੱਗ ਸਾੜ ਸਕਦੀ ਹੈ, ਨਾਹ ਹਵਾ ਉਡਾ ਕੇ ਲੈ ਜਾ ਸਕਦੀ ਹੈ, ਅਤੇ ਨਾਹ ਹੀ ਕੋਈ ਚੋਰ ਇਸ ਦੇ ਨੇੜੇ ਢੁਕ ਸਕਦਾ ਹੈ ।੧।

ਸਾਡਾ ਧਨ ਤਾਂ ਮਾਧੋ ਗੋਬਿੰਦ ਹੀ ਹੈ ਜੋ ਸਾਰੀ ਧਰਤੀ ਦਾ ਆਸਰਾ ਹੈ । (ਸਾਡੇ ਮਤ ਵਿਚ ਤਾਂ) ਇਸੇ ਧਨ ਨੂੰ ਸਭ ਧਨਾਂ ਨਾਲੋਂ ਚੰਗਾ ਵਧੀਆ ਆਖੀਦਾ ਹੈ । ਜੋ ਸੁਖ ਪਰਮਾਤਮਾ ਗੋਬਿੰਦ ਦੇ ਭਜਨ ਵਿਚ ਮਿਲਦਾ ਹੈ, ਉਹ ਸੁਖ ਰਾਜ ਵਿਚ (ਭੀ) ਨਹੀਂ ਲੱਭਦਾ ।੧।ਰਹਾਉ।

ਇਸ (ਨਾਮ) ਧਨ ਦੀ ਖ਼ਾਤਰ ਸ਼ਿਵ ਤੇ ਸਨਕ ਆਦਿਕ (ਬ੍ਰਹਮਾ ਦੇ ਚਾਰੇ ਪੁੱਤਰ) ਭਾਲ ਕਰਦੇ ਕਰਦੇ ਜਗਤ ਤੋਂ ਵਿਰਕਤ ਹੋਏ । ਜਿਸ ਮਨੁੱਖ ਦੇ ਮਨ ਵਿਚ ਮੁਕਤੀ ਦਾਤਾ ਪ੍ਰਭੂ ਵੱਸਦਾ ਹੈ, ਜਿਸ ਦੀ ਜੀਭ ਤੇ ਅਕਾਲ ਪੁਰਖ ਟਿਕਿਆ ਹੈ, ਉਸ ਨੂੰ ਜਮ ਦੀ (ਮੋਹ-ਰੂਪ) ਫਾਹੀ ਨਹੀਂ ਪੈ ਸਕਦੀ ।੨।

ਪ੍ਰਭੂ ਦੀ ਭਗਤੀ, ਪ੍ਰਭੂ ਦਾ ਗਿਆਨ ਹੀ, (ਜੀਵ ਦਾ) ਨਿਰੋਲ ਆਪਣਾ ਧਨ (ਹੋ ਸਕਦਾ) ਹੈ । ਜਿਸ ਸੁਚੱਜੀ ਮਤ ਵਾਲੇ ਨੂੰ ਗੁਰੂ ਨੇ (ਇਹ ਦਾਤ) ਦਿਤੀ ਹੈ, ਉਸ ਦਾ ਮਨ ਉਸ ਪ੍ਰਭੂ ਵਿਚ ਟਿਕਦਾ ਹੈ । (ਮਾਇਆ ਦੀ ਤ੍ਰਿਸ਼ਨਾ ਦੀ ਅੱਗ ਵਿਚ) ਸੜਦੇ ਲਈ (ਇਹ ਨਾਮ-ਧਨ) ਪਾਣੀ ਹੈ, ਤੇ ਭਟਕਦੇ ਮਨ ਨੂੰ ਇਹ ਥੰਮ੍ਹੀ ਹੈ, (ਨਾਮ

ਦੀ ਬਰਕਤ ਨਾਲ) ਭਰਮਾਂ ਦੇ ਬੰਧਨਾਂ ਦਾ ਡਰ ਦੂਰ ਹੋ ਜਾਂਦਾ ਹੈ ।੩।

ਕਬੀਰ ਆਖਦਾ ਹੈ—ਹੇ ਕਾਮ-ਵਾਸ਼ਨਾ ਵਿਚ ਮੱਤੇ ਹੋਏ (ਰਾਜਨ!) ਮਨ ਵਿਚ ਸੋਚ ਕੇ ਵੇਖ, ਜੇ ਤੇਰੇ ਘਰ ਵਿਚ ਲੱਖਾਂ ਕ੍ਰੋੜਾਂ ਘੋੜੇ ਤੇ ਹਾਥੀ ਹਨ ਤਾਂ ਸਾਡੇ (ਹਿਰਦੇ-) ਘਰ ਵਿਚ (ਇਹ ਸਾਰੇ ਪਦਾਰਥ ਦੇਣ ਵਾਲਾ) ਇਕ ਪਰਮਾਤਮਾ (ਵੱਸਦਾ) ਹੈ ।੪।੧।੭।੫੮।

ਸ਼ਬਦ ਦਾ ਭਾਵ:- ਪਰਮਾਤਮਾ ਦਾ ਨਾਮ ਹੀ ਅਸਲ ਧਨ ਹੈ ਜੋ ਸਦਾ ਸਾਥ ਨਿਭਾਉਂਦਾ ਹੈ, ਤੇ ਜੋ ਸੁਖ ਨਾਮ-ਧਨ ਵਿਚ ਹੈ, ਉਹ ਸੁਖ ਰਾਜ-ਭਾਗ ਦੀ ਮੌਜ ਵਿਚ ਭੀ ਨਹੀਂ ਹੈ ।੫੮।

ਗਉੜੀ ॥ ਜਿਉ ਕਪਿ ਕੇ ਕਰ ਮੁਸਟਿ ਚਨਨ ਕੀ ਲੁਬਧਿ ਨ ਤਿਆਗੁ ਦਇਓ ॥ ਜੋ ਜੋ ਕਰਮ ਕੀਏ ਲਾਲਚ ਸਿਉ ਤੇ ਫਿਰਿ ਗਰਹਿ ਪਰਿਓ ॥੧॥ ਭਗਤਿ ਬਿਨੁ ਬਿਰਥੇ ਜਨਮੁ ਗਇਓ ॥ ਸਾਧਸੰਗਤਿ ਭਗਵਾਨ ਭਜਨ ਬਿਨੁ ਕਹੀ ਨ ਸਚੁ ਰਹਿਓ ॥੧॥ ਰਹਾਉ ॥ ਜਿਉ ਉਦਿਆਨ ਕੁਸਮ ਪਰਫੁਲਿਤ ਕਿਨਹਿ ਨ ਘ੍ਰਾਉ ਲਇਓ ॥ ਤੈਸੇ ਭ੍ਰਮਤ ਅਨੇਕ ਜੋਨਿ ਮਹਿ ਫਿਰਿ ਫਿਰਿ ਕਾਲ ਹਇਓ ॥੨॥ ਇਆ ਧਨ ਜੋਬਨ ਅਰੁ ਸੁਤ ਦਾਰਾ ਪੇਖਨ ਕਉ ਜੁ ਦਇਓ ॥ ਤਿਨ ਹੀ ਮਾਹਿ ਅਟਕਿ ਜੋ ਉਰਝੇ ਇੰਦ੍ਰੀ ਪ੍ਰੇਰਿ ਲਇਓ ॥੩॥ ਅਉਧ ਅਨਲ ਤਨੁ ਤਿਨ ਕੋ ਮੰਦਰੁ ਚਹੁ ਦਿਸ ਠਾਟੁ ਠਇਓ ॥ ਕਹਿ ਕਬੀਰ ਭੈ ਸਾਗਰ ਤਰਨ ਕਉ ਮੈ ਸਤਿਗੁਰ ਓਟ ਲਇਓ ॥੪॥੧॥੮॥੫੯॥ {ਪੰਨਾ 336}

ਪਦਅਰਥ:- ਕਪਿ—ਬਾਂਦਰ {ਇਸ ਤੁਕ ਵਿਚ ਦਿੱਤੇ ਖ਼ਿਆਲ ਨੂੰ ਸਮਝਣ ਵਾਸਤੇ ਪੜ੍ਹੋ ਸ਼ਬਦ ਨੰ: ੫੭} । ਕਰ—ਹੱਥ । ਮੁਸਟਿ—ਮੁੱਠ । ਚਨਨ—ਚਣੇ, ਛੋਲੇ । ਲੁਬਧਿ—ਲੁਬਧ ਨੇ, ਲੋਭੀ ਨੇ । ਗਰਹਿ—ਗਲ ਵਿਚ ।੧।

ਕਹੀ—ਕਿਤੇ ਭੀ, ਕਿਸੇ ਹੋਰ ਥਾਂ । ਸਚੁ—ਸਦਾ-ਥਿਰ ਰਹਿਣ ਵਾਲਾ ਪਰਮਾਤਮਾ । ਬਿਰਥੇ—ਖ਼ਾਲੀ, ਸੱਖਣਾ, ਬਿਅਰਥ, ਸੁੰਞਾ ।੧।ਰਹਾਉ।

ਉਦਿਆਨ—ਜੰਗਲ । ਕੁਸਮ—ਫੁਲ । ਪਰਫੁਲਿਤ—ਖਿੜੇ ਹੋਏ । ਕਿਨਹਿ—(ਕਿਸੇ ਬੰਦੇ) ਨੇ ਹੀ । ਘ੍ਰਾਉ—ਸੁਗੰਧੀ । ਭ੍ਰਮਤ—ਭਟਕਦਿਆਂ । ਹਇਓ—ਹਨਿਓ, ਨਾਸ ਕਰਦਾ ਹੈ ।੨।

ਇਆ—ਇਹ ਸਾਰੇ । ਜੋਬਨ—ਜੁਆਨੀ । ਅਰੁ—ਅਤੇ {ਨੋਟ:- ਲਫ਼ਜ਼ 'ਅਰੁ' ਅਤੇ 'ਅਰਿ' ਦੇ ਜੋੜ ਅਤੇ ਅਰਥ ਵਿਚ ਫ਼ਰਕ ਚੇਤੇ ਰੱਖਣ-ਜੋਗ ਹੈ; ਅਰਿ-ਵੈਰੀ} । ਸੁਤ—ਪੁੱਤਰ । ਦਾਰਾ—ਇਸਤ੍ਰੀ, ਵਹੁਟੀ । ਪੇਖਨ ਕਉ—ਵੇਖਣ ਲਈ {ਨੋਟ:- ਕੋਈ ਖੇਲ ਤਮਾਸ਼ਾ ਵੇਖਣ ਜਾਈਏ, ਉਸ ਵਿਚ ਭਾਵੇਂ ਕਿਤਨੇ ਹੀ ਮਨ ਭਰਮਾਉਣ ਵਾਲੇ ਜਾਂ ਦਰਦ-ਭਰੇ ਸਾਕੇ ਆਉਣ, ਅਸੀ ਸਿਰਫ਼ ਤਮਾਸ਼-ਬੀਨ ਹੀ ਰਹਿੰਦੇ ਹਾਂ । ਨਾਹ ਤਾਂ ਤਮਾਸ਼ੇ ਦੇ ਦੁੱਖ-ਭਰੇ ਦ੍ਰਿਸ਼ ਨਾਲ ਕੋਈ ਡੂੰਘੀ ਸੱਟ ਸਾਨੂੰ ਵੱਜਦੀ ਹੈ, ਜਿਵੇਂ ਕਿਸੇ ਆਪਣੇ ਨਿੱਜ ਦੇ ਦੁਖ ਦੀ ਵੱਜ ਸਕਦੀ ਹੈ ਅਤੇ ਨਾਹ ਹੀ ਕੋਈ ਮਨ ਨੂੰ ਭਰਮਾਉਣ ਵਾਲੀ ਸ਼ੈ ਸਾਨੂੰ ਠੱਗ ਸਕਦੀ ਹੈ । ਅਸੀ ਜਾਣਦੇ ਹਾਂ ਕਿ ਇਹ ਅਸਲ ਨਹੀਂ, ਕਿਸੇ ਹੋ ਚੁਕੇ ਅਸਲ ਦੀ ਨਕਲ ਹੈ । ਸੋ, ਉਸ ਤਮਾਸ਼ੇ ਦੇ ਦੁਖਾਂ ਸੁਖਾਂ ਦੇ ਦ੍ਰਿਸ਼ਾਂ ਵਿਚ ਅਸੀ ਨਿਰਲੇਪ ਜਿਹੇ ਰਹਿੰਦੇ ਹਾਂ । ਇਹ ਧਨ, ਜੁਆਨੀ, ਪਰਿਵਾਰ ਭੀ ਇਕ ਖੇਡ ਪ੍ਰਭੂ ਨੇ ਬਣਾਈ ਹੈ, ਇਹਨਾਂ ਵਿਚ ਰਹਿ ਕੇ ਭੀ ਇਹਨਾਂ ਨੂੰ ਵੇਖਣਾ ਹੀ ਹੈ, ਭਾਵ, ਇਹਨਾਂ ਨੂੰ ਤਮਾਸ਼ਾ ਹੀ ਸਮਝਣਾ ਹੈ, ਇਹਨਾਂ ਵਿਚ ਨਿਰਲੇਪ ਹੀ ਰਹਿਣਾ ਹੈ} । ਅਟਕਿ—ਫਸ ਕੇ, ਰੁਕ ਕੇ । ਉਰਝੇ—ਉਲਝ ਗਏ, ਜਕੜੇ ਗਏ । ਪ੍ਰੇਰਿ ਲਇਓ—ਆਪਣੇ ਵਲ ਖਿੱਚ ਲਿਆ ।੩।

ਅਉਧ—ਉਮਰ, ਜ਼ਿੰਦਗੀ ਦੇ ਸਮੇ ਦਾ ਬੀਤਦੇ ਜਾਣਾ । ਅਨਲ—ਅੱਗ । ਤਨੁ—ਸਰੀਰ । ਤਿਨ ਕੋ ਮੰਦਰੁ—ਕੱਖਾਂ ਦਾ ਘਰ । ਚਹੁ ਦਿਸ—ਚੌਂਹੀ ਪਾਸੀਂ, ਹਰ ਪਾਸੇ । ਠਾਟੁ—ਬਣਤਰ । ਠਇਓ—ਬਣੀ ਹੋਈ ਹੈ । ਕਹਿ—ਕਹੈ, ਆਖਦਾ ਹੈ । ਭੈ ਸਾਗਰ—ਡਰਾਉਣਾ ਸੰਸਾਰ-ਸਮੁੰਦਰ । ਤਰਨ ਕਉ—ਤਰਨ ਲਈ, ਪਾਰ ਲੰਘਣ ਵਾਸਤੇ । ਓਟ—ਆਸਰਾ ।੪।

ਅਰਥ:- ਜਿਵੇਂ (ਕਿਸੇ) ਬਾਂਦਰ ਦੇ ਹੱਥ (ਭੁੱਜੇ) ਛੋਲਿਆਂ ਦੀ ਮੁੱਠ ਆਈ, ਪਰ ਲੋਭੀ ਬਾਂਦਰ ਨੇ (ਕੁੱਜੀ ਵਿਚ ਹੱਥ ਫਸਿਆ ਵੇਖ ਕੇ ਭੀ ਛੋਲਿਆਂ ਦੀ ਮੁੱਠ) ਨਾਹ ਛੱਡੀ, (ਤੇ ਕਾਬੂ ਆ ਗਿਆ, ਇਸੇ ਤਰ੍ਹਾਂ) ਲੋਭ ਦੇ ਵੱਸ ਹੋ ਕੇ ਜੋ ਜੋ ਕੰਮ ਜੀਵ ਕਰਦਾ ਹੈ, ਉਹ ਸਾਰੇ ਮੁੜ (ਮੋਹ ਦੇ ਬੰਧਨ-ਰੂਪ ਜ਼ੰਜੀਰ ਬਣ ਕੇ ਇਸ ਦੇ) ਗਲ ਵਿਚ ਪੈਂਦੇ ਹਨ ।੧।

ਪਰਮਾਤਮਾ ਦੀ ਭਗਤੀ ਤੋਂ ਬਿਨਾ ਮਨੁੱਖਾ ਜਨਮ ਵਿਅਰਥ ਹੀ ਜਾਂਦਾ ਹੈ (ਕਿਉਂਕਿ ਹਿਰਦੇ ਵਿਚ ਪ੍ਰਭੂ ਆ ਕੇ ਨਹੀਂ ਵੱਸਦਾ) । ਤੇ, ਸਾਧ ਸੰਗਤਿ ਵਿਚ (ਆ ਕੇ) ਭਗਵਾਨ ਦਾ ਸਿਮਰਨ ਕਰਨ ਤੋਂ ਬਿਨਾ ਉਹ ਸਦਾ-ਥਿਰ ਰਹਿਣ ਵਾਲਾ ਪ੍ਰਭੂ ਕਿਸੇ ਭੀ ਹਿਰਦੇ ਵਿਚ ਟਿਕ ਹੀ ਨਹੀਂ ਸਕਦਾ ।੧।ਰਹਾਉ।

ਜਿਵੇਂ ਜੰਗਲ ਵਿਚ ਖਿੜੇ ਹੋਏ ਫੁੱਲਾਂ ਦੀ ਸੁਗੰਧੀ ਕੋਈ ਭੀ ਨਹੀਂ ਲੈ ਸਕਦਾ (ਉਹ ਫੁੱਲ ਉਜਾੜ ਵਿਚ ਕਿਸੇ ਪ੍ਰਾਣੀ ਨੂੰ ਸੁਗੰਧੀ ਨਾਹ ਦੇਣ ਦੇ ਕਾਰਨ ਆਪਣਾ ਖੇੜਾ ਵਿਅਰਥ ਹੀ ਖੇੜ ਜਾਂਦੇ ਹਨ), ਤਿਵੇਂ, (ਪ੍ਰਭੂ ਦੀ ਬੰਦਗੀ ਤੋਂ ਬਿਨਾ) ਜੀਵ ਅਨੇਕਾਂ ਜੂਨਾਂ ਵਿਚ ਭਟਕਦੇ ਰਹਿੰਦੇ ਹਨ, ਤੇ ਮੁੜ ਮੁੜ ਕਾਲ-ਵੱਸ ਪੈਂਦੇ ਰਹਿੰਦੇ ਹਨ ।੨।

ਧਨ, ਜੁਆਨੀ, ਪੁੱਤਰ ਤੇ ਇਸਤ੍ਰੀ ਇਹ ਸਾਰੇ ਉਸ ਪ੍ਰਭੂ ਨੇ (ਜੀਵ ਨੂੰ ਕਿਸੇ ਤਮਾਸ਼ੇ ਵਿਚ ਨਿਰਲੇਪ ਜਿਹਾ ਰਹਿਣ ਵਾਂਗ) ਵੇਖਣ ਲਈ ਦਿੱਤੇ ਹਨ (ਕਿ ਇਸ ਜਗਤ-ਤਮਾਸ਼ੇ ਵਿਚ ਇਹ ਨਿਰਲੇਪ ਹੀ ਰਹੇ), ਪਰ ਜੀਵ ਇਹਨਾਂ ਵਿਚ ਹੀ ਰੁਕ ਕੇ ਫਸ ਜਾਂਦੇ ਹਨ; ਇੰਦ੍ਰੇ ਜੀਵ ਨੂੰ ਖਿੱਚ ਲੈਂਦੇ ਹਨ ।੩।

ਕਬੀਰ ਆਖਦਾ ਹੈ—ਇਹ ਸਰੀਰ (ਮਾਨੋ) ਕੱਖਾਂ ਦਾ ਕੋਠਾ ਹੈ, ਉਮਰ (ਦੇ ਦਿਨ ਬੀਤਦੇ ਜਾਣੇ ਇਸ ਕੋਠੇ ਨੂੰ) ਅੱਗ ਲੱਗੀ ਹੋਈ ਹੈ, ਹਰ ਪਾਸੇ ਇਹੀ ਬਣਤਰ ਬਣੀ ਹੋਈ ਹੈ, (ਪਰ ਕੋਈ ਭੀ ਇਸ ਪਾਸੇ ਧਿਆਨ ਨਹੀਂ ਦੇਂਦਾ; ਕਿਆ ਅਚਰਜ ਭਿਆਨਕ ਦ੍ਰਿਸ਼ ਹੈ!) । ਇਸ ਭਿਆਨਕ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ ਮੈਂ ਤਾਂ ਸਤਿਗੁਰੂ ਦਾ ਆਸਰਾ ਲਿਆ ਹੈ ।੪।੧।੫੯।

ਸ਼ਬਦ ਦਾ ਭਾਵ:- ਬੰਦਗੀ ਤੋਂ ਬਿਨਾ ਜੀਵਨ ਬਿਅਰਥ ਹੈ, ਨਾਮ ਦੀ ਸੁਗੰਧੀ ਤੋਂ ਬਿਨਾ ਜਗਤ-ਫੁਲਵਾੜੀ ਦਾ ਇਹ ਜੀਵ-ਫੁੱਲ ਕਿਸ ਅਰਥ? ਦੁਨੀਆ ਦੇ ਰਸਾਂ ਵਿਚ ਫਸ ਕੇ ਖ਼ੁਆਰ ਹੁੰਦਾ ਹੈ ।੫੯।

ਗਉੜੀ• ॥ ਪਾਨੀ ਮੈਲਾ ਮਾਟੀ ਗੋਰੀ ॥ ਇਸ ਮਾਟੀ ਕੀ ਪੁਤਰੀ ਜੋਰੀ ॥੧॥ ਮੈ ਨਾਹੀ ਕਛੁ ਆਹਿ ਨ ਮੋਰਾ ॥ ਤਨੁ ਧਨੁ ਸਭੁ ਰਸੁ ਗੋਬਿੰਦ ਤੋਰਾ ॥੧॥ ਰਹਾਉ ॥ ਇਸ ਮਾਟੀ ਮਹਿ ਪਵਨੁ ਸਮਾਇਆ ॥ ਝੂਠਾ ਪਰਪੰਚੁ ਜੋਰਿ ਚਲਾਇਆ ॥੨॥ ਕਿਨਹੂ ਲਾਖ ਪਾਂਚ ਕੀ ਜੋਰੀ ॥ ਅੰਤ ਕੀ ਬਾਰ ਗਗਰੀਆ ਫੋਰੀ ॥੩॥ ਕਹਿ ਕਬੀਰ ਇਕ ਨੀਵ ਉਸਾਰੀ ॥ ਖਿਨ ਮਹਿ ਬਿਨਸਿ ਜਾਇ ਅਹੰਕਾਰੀ ॥੪॥੧॥੯॥੬੦॥ {ਪੰਨਾ 336-337}

ਪਦਅਰਥ:- ਪਾਨੀ—ਪਿਤਾ ਦਾ ਬੀਰਜ । ਮੈਲਾ—ਗੰਦਾ । ਮਾਟੀ ਗੋਰੀ—ਲਾਲ ਮਿੱਟੀ, ਮਾਂ ਦੀ ਰਕਤ-ਰੂਪ ਧਰਤੀ ਜਿਸ ਵਿਚ ਪਿਤਾ ਦੀ ਬੂੰਦ-ਰੂਪ ਬੀਜ ਉੱਗਦਾ ਹੈ । ਪੁਤਰੀ—ਪੁਤਲੀ । ਜੋਰੀ—ਜੋੜ ਦਿੱਤੀ, ਬਣਾ ਦਿੱਤੀ ।੧।

ਮੈ ਨਾਹੀ—ਮੇਰੀ ਕੋਈ ਹਸਤੀ ਨਹੀਂ । ਕਛੁ—ਕੋਈ ਚੀਜ਼ । ਨ ਆਹਿ—ਨਹੀਂ ਹੈ । ਸਭੁ ਰਸੁ—ਸਾਰਾ ਰਸ, ਸਰੀਰ ਦਾ ਸਾਰਾ ਰਸ, ਸਰੀਰ ਵਿਚ ਜਿੰਦ ।੧।ਰਹਾਉ।

ਪਵਨੁ—ਪ੍ਰਾਣ । ਪਰਪੰਚੁ—ਪਸਾਰਾ, ਠੱਗੀ । ਜੋਰਿ—ਜੋੜ ਕੇ ।੨।

ਕਿਨਹੂ—ਕਈ ਜੀਵਾਂ ਨੇ, ਜਿਨ੍ਹਾਂ ਜੀਵਾਂ ਨੇ । ਜੋਰੀ—ਇਕੱਠੀ ਕਰ ਲਈ । ਫੋਰੀ—ਟੁੱਟ ਗਈ ।੩।

ਕਹਿ—ਕਹੈ, ਆਖਦਾ ਹੈ । ਨੀਵ—ਨੀਂਹ । ਉਸਾਰੀ—ਖੜੀ ਕੀਤੀ ਹੈ । ਅਹੰਕਾਰੀ—ਹੇ ਅਹੰਕਾਰੀ! ।੪।

ਅਰਥ:- (ਹੇ ਅਹੰਕਾਰੀ ਜੀਵ! ਕਿਸ ਗੱਲ ਦਾ ਮਾਣ ਕਰਦਾ ਹੈਂ?) ਪਿਉ ਦੀ ਗੰਦੀ ਬੂੰਦ ਅਤੇ ਮਾਂ ਦੀ ਰਕਤ—(ਇਹਨਾਂ ਦੋਹਾਂ ਤੋਂ ਤਾਂ ਪਰਮਾਤਮਾ ਨੇ) ਜੀਵ ਦਾ ਇਹ ਮਿੱਟੀ ਦਾ ਬੁੱਤ ਬਣਾਇਆ ਹੈ ।੧।

ਹੇ ਮੇਰੇ ਗੋਬਿੰਦ! (ਤੈਥੋਂ ਵੱਖਰੀ) ਮੇਰੀ ਕੋਈ ਹਸਤੀ ਨਹੀਂ ਹੈ ਅਤੇ ਕੋਈ ਮੇਰੀ ਮਲਕੀਅਤ ਨਹੀਂ ਹੈ । ਇਹ ਸਰੀਰ, ਧਨ ਅਤੇ ਇਹ ਜਿੰਦ ਸਭ ਤੇਰੇ ਹੀ ਦਿੱਤੇ ਹੋਏ ਹਨ ।੧।ਰਹਾਉ।

ਇਸ ਮਿੱਟੀ (ਦੇ ਪੁਤਲੇ) ਵਿਚ (ਇਸ ਨੂੰ ਖੜਾ ਰੱਖਣ ਲਈ) ਪ੍ਰਾਣ ਟਿਕੇ ਹੋਏ ਹਨ, (ਪਰ ਇਸ ਕਮਜ਼ੋਰ ਜਿਹੀ ਥੰਮ੍ਹੀ ਨੂੰ ਨਾਹ ਸਮਝਦਾ ਹੋਇਆ) ਜੀਵ ਝੂਠਾ ਖਿਲਾਰਾ ਖਿਲਾਰ ਬੈਠਦਾ ਹੈ ।੨।

ਜਿਨ੍ਹਾਂ ਜੀਵਾਂ ਨੇ ਪੰਜ ਪੰਜ ਲੱਖ ਦੀ ਜਾਇਦਾਦ ਜੋੜ ਲਈ ਹੈ, ਮੌਤ ਆਇਆਂ ਉਹਨਾਂ ਦਾ ਭੀ ਸਰੀਰ-ਰੂਪ ਭਾਂਡਾ ਭੱਜ ਜਾਂਦਾ ਹੈ ।੩।

ਕਬੀਰ ਆਖਦਾ ਹੈ—ਹੇ ਅਹੰਕਾਰੀ ਜੀਵ! ਤੇਰੀ ਤਾਂ ਜੋ ਨੀਂਹ ਹੀ ਖੜੀ ਕੀਤੀ ਗਈ ਹੈ ਉਹ ਇਕ ਪਲਕ ਵਿਚ ਨਾਸ ਹੋ ਜਾਣ ਵਾਲੀ ਹੈ ।੪।੧।੯।੬੦।

ਸ਼ਬਦ ਦਾ ਭਾਵ:- ਮਨੁੱਖ ਆਪਣੀ ਪਾਇਆਂ ਨੂੰ ਨਾਹ ਸਮਝ ਕੇ ਧਨ-ਪਦਾਰਥ ਦਾ ਅਹੰਕਾਰ ਕਰਦਾ ਰਹਿੰਦਾ ਹੈ । ਪਰ ਲੱਖਾਂ ਰੁਪਏ ਜੋੜੇ ਹੋਏ ਭੀ ਇੱਥੇ ਹੀ ਧਰੇ ਰਹਿ ਜਾਂਦੇ ਹਨ, ਤੇ ਇਹ ਸਰੀਰ ਨਾਸ ਹੋਣ ਲੱਗਿਆਂ ਤਾਂ ਇਕ ਪਲ ਨਹੀਂ ਲੱਗਦਾ ।੬੦।

ਗਉੜੀ ॥ ਰਾਮ ਜਪਉ ਜੀਅ ਐਸੇ ਐਸੇ ॥ ਧ੍ਰੂ ਪ੍ਰਹਿਲਾਦ ਜਪਿਓ ਹਰਿ ਜੈਸੇ ॥੧॥ ਦੀਨ ਦਇਆਲ ਭਰੋਸੇ ਤੇਰੇ ॥ ਸਭੁ ਪਰਵਾਰੁ ਚੜਾਇਆ ਬੇੜੇ ॥੧॥ ਰਹਾਉ ॥ ਜਾ ਤਿਸੁ ਭਾਵੈ ਤਾ ਹੁਕਮੁ ਮਨਾਵੈ ॥ ਇਸ ਬੇੜੇ ਕਉ ਪਾਰਿ ਲਘਾਵੈ ॥੨॥ ਗੁਰ ਪਰਸਾਦਿ ਐਸੀ ਬੁਧਿ ਸਮਾਨੀ ॥ ਚੂਕਿ ਗਈ ਫਿਰਿ ਆਵਨ ਜਾਨੀ ॥੩॥ ਕਹੁ ਕਬੀਰ ਭਜੁ ਸਾਰਿਗਪਾਨੀ ॥ ਉਰਵਾਰਿ ਪਾਰਿ ਸਭ ਏਕੋ ਦਾਨੀ ॥੪॥੨॥੧੦॥੬੧॥ {ਪੰਨਾ 337}

ਪਦਅਰਥ:- ਜਪਉ—ਜਪਉਂ, ਮੈਂ ਜਪਾਂ । ਜੀਅ—ਹੇ ਜਿੰਦ! ਜੈਸੇ—ਜਿਸ ਪ੍ਰੇਮ ਤੇ ਸ਼ਰਧਾ ਨਾਲ ।੧।

ਦੀਨ ਦਇਆਲ—ਹੇ ਦੀਨਾਂ ਉੱਤੇ ਦਇਆ ਕਰਨ ਵਾਲੇ! ਸਭੁ ਪਰਵਾਰੁ—ਸਾਰਾ ਪਰਵਾਰ, ਜਿੰਦ ਦਾ ਸਾਰਾ ਪਰਵਾਰ, ਸਾਰੇ ਇੰਦ੍ਰੇ, ਤਨ ਤੇ ਮਨ ਸਭ ਕੁਝ । ਬੇੜੇ—ਜਹਾਜ਼ ਉੱਤੇ, ਨਾਮ-ਰੂਪ ਜਹਾਜ਼ ਤੇ ।੧।ਰਹਾਉ।

ਜਾ—ਜਦੋਂ । ਤਿਸੁ ਭਾਵੈ—ਉਸ ਪ੍ਰਭੂ ਨੂੰ ਚੰਗਾ ਲੱਗਦਾ ਹੈ, ਜਦੋਂ ਉਸ ਦੀ ਮਰਜ਼ੀ ਹੁੰਦੀ ਹੈ ।੨।

ਗੁਰ ਪਰਸਾਦਿ—ਗੁਰੂ ਦੀ ਕਿਰਪਾ ਨਾਲ । ਸਮਾਨੀ—ਸਮਾ ਜਾਂਦੀ ਹੈ, ਹਿਰਦੇ ਵਿਚ ਪਰਗਟ ਹੁੰਦੀ ਹੈ । ਚੂਕਿ ਗਈ—ਮੁੱਕ ਜਾਂਦੀ ਹੈ ।੩।

ਭਜੁ—ਸਿਮਰ । ਸਾਰਿਗਪਾਨੀ—ਧਨਖ ਜਿਸ ਦੇ ਹੱਥ ਵਿਚ ਹੈ {ਸਾਰਿਗ—ਵਿਸ਼ਨੂੰ ਦੇ ਧਨਖ ਦਾ ਨਾਮ ਹੈ । ਪਾਨੀ—ਹੱਥ} । ਉਰਵਾਰਿ—ਉਰਲੇ ਪਾਸੇ, ਇਸ ਸੰਸਾਰ ਵਿਚ । ਪਾਰਿ—ਪਰਲੋਕ ਵਿਚ । ਦਾਨੀ—ਜਾਣ, ਸਮਝ ।੪।

ਅਰਥ:- ਹੇ ਜਿੰਦੇ! (ਇਉਂ ਅਰਦਾਸ ਕਰ, ਕਿ) ਹੇ ਪ੍ਰਭੂ! ਮੈਂ ਤੈਨੂੰ ਉਸ ਪ੍ਰੇਮ ਤੇ ਸ਼ਰਧਾ ਨਾਲ ਸਿਮਰਾਂ ਜਿਸ ਪ੍ਰੇਮ ਤੇ ਸ਼ਰਧਾ ਨਾਲ ਧ੍ਰੂ ਤੇ ਪ੍ਰਹਿਲਾਦ ਭਗਤ ਨੇ, ਹੇ ਹਰੀ! ਤੈਨੂੰ ਸਿਮਰਿਆ ਸੀ ।੧।

ਹੇ ਦੀਨਾਂ ਉੱਤੇ ਦਇਆ ਕਰਨ ਵਾਲੇ ਪ੍ਰਭੂ! ਤੇਰੀ ਮਿਹਰ ਦੀ ਆਸ ਤੇ ਮੈਂ ਆਪਣਾ ਸਾਰਾ ਪਰਵਾਰ ਤੇਰੇ (ਨਾਮ ਦੇ) ਜਹਾਜ਼ ਤੇ ਚੜ੍ਹਾ ਦਿੱਤਾ ਹੈ (ਮੈਂ ਜੀਭ, ਅੱਖ, ਕੰਨ ਆਦਿਕ ਸਭ ਗਿਆਨ-ਇੰਦ੍ਰਿਆਂ ਨੂੰ ਤੇਰੀ ਸਿਫ਼ਤਿ-ਸਾਲਾਹ ਵਿਚ ਜੋੜ ਦਿੱਤਾ ਹੈ) ।੧।ਰਹਾਉ।

ਜਦੋਂ ਪ੍ਰਭੂ ਨੂੰ ਭਾਉਂਦਾ ਹੈ ਤਾਂ ਉਹ (ਇਸ ਸਾਰੇ ਪਰਵਾਰ ਤੋਂ ਆਪਣਾ) ਹੁਕਮ ਮਨਾਉਂਦਾ ਹੈ (ਭਾਵ, ਇਹਨਾਂ ਇੰਦ੍ਰਿਆਂ ਪਾਸੋਂ ਉਹੀ ਕੰਮ ਕਰਾਉਂਦਾ ਹੈ ਜਿਸ ਕੰਮ ਲਈ ਉਸ ਨੇ ਇਹ ਇੰਦ੍ਰੇ ਬਣਾਏ ਹਨ), ਤੇ ਇਸ ਤਰ੍ਹਾਂ ਇਸ ਸਾਰੇ ਪੂਰ ਨੂੰ (ਇਹਨਾਂ ਸਭ ਇੰਦ੍ਰਿਆਂ ਨੂੰ) ਵਿਕਾਰਾਂ ਦੀਆਂ ਲਹਿਰਾਂ ਤੋਂ ਬਚਾ ਲੈਂਦਾ ਹੈ ।੨।

ਸਤਿਗੁਰੂ ਦੀ ਕਿਰਪਾ ਨਾਲ (ਜਿਸ ਮਨੁੱਖ ਦੇ ਅੰਦਰ) ਅਜਿਹੀ ਅਕਲ ਪਰਗਟ ਹੋ ਪੈਂਦੀ ਹੈ (ਭਾਵ, ਜੋ ਮਨੁੱਖ ਸਾਰੇ ਇੰਦ੍ਰਿਆਂ ਨੂੰ ਪ੍ਰਭੂ ਦੇ ਰੰਗ ਵਿਚ ਰੰਗਦਾ ਹੈ), ਉਸ ਦਾ ਮੁੜ ਮੁੜ ਜੰਮਣਾ ਮਰਨਾ ਮੁੱਕ ਜਾਂਦਾ ਹੈ ।੩।

ਹੇ ਕਬੀਰ! ਆਖ (ਭਾਵ, ਆਪਣੇ ਆਪ ਨੂੰ ਸਮਝਾ)—ਸਾਰਿੰਗਪਾਨੀ ਪ੍ਰਭੂ ਨੂੰ ਸਿਮਰ, ਅਤੇ ਲੋਕ-ਪਰਲੋਕ ਵਿਚ ਹਰ ਥਾਂ ਉਸ ਇੱਕ ਪ੍ਰਭੂ ਨੂੰ ਹੀ ਜਾਣ ।੪।੨।੧੦।੬੧।

ਸ਼ਬਦ ਦਾ ਭਾਵ:- ਜੋ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਆਪਣੇ ਮਨ ਨੂੰ ਤੇ ਗਿਆਨ-ਇੰਦ੍ਰਿਆਂ ਨੂੰ ਪ੍ਰਭੂ ਦੀ ਯਾਦ ਵਿਚ ਜੋੜਦਾ ਹੈ, ਉਹ ਸੰਸਾਰ-ਸਮੁੰਦਰ ਦੀਆਂ ਵਿਕਾਰਾਂ ਦੀਆਂ ਲਹਿਰਾਂ ਤੋਂ ਬਚ ਜਾਂਦਾ ਹੈ, ਤੇ ਇਸ ਤਰ੍ਹਾਂ ਉਸ ਦੀ ਭਟਕਣਾ ਮੁੱਕ ਜਾਂਦੀ ਹੈ ।੬੧।

ਗਉੜੀ ੯ ॥ ਜੋਨਿ ਛਾਡਿ ਜਉ ਜਗ ਮਹਿ ਆਇਓ ॥ ਲਾਗਤ ਪਵਨ ਖਸਮੁ ਬਿਸਰਾਇਓ ॥੧॥ ਜੀਅਰਾ ਹਰਿ ਕੇ ਗੁਨਾ ਗਾਉ ॥੧॥ ਰਹਾਉ ॥ ਗਰਭ ਜੋਨਿ ਮਹਿ ਉਰਧ ਤਪੁ ਕਰਤਾ ॥ ਤਉ ਜਠਰ ਅਗਨਿ ਮਹਿ ਰਹਤਾ ॥੨॥ ਲਖ ਚਉਰਾਸੀਹ ਜੋਨਿ ਭ੍ਰਮਿ ਆਇਓ ॥ ਅਬ ਕੇ ਛੁਟਕੇ ਠਉਰ ਨ ਠਾਇਓ ॥੩॥ ਕਹੁ ਕਬੀਰ ਭਜੁ ਸਾਰਿਗਪਾਨੀ ॥ ਆਵਤ ਦੀਸੈ ਜਾਤ ਨ ਜਾਨੀ ॥੪॥੧॥੧੧॥੬੨॥ {ਪੰਨਾ 337}

ਪਦਅਰਥ:- ੯—ਘਰ ਨਾਵਾਂ ।

ਜੋਨਿ—ਗਰਭ, ਮਾਂ ਦਾ ਪੇਟ । ਜਉ—ਜਦੋਂ । ਜਗ ਮਹਿ ਆਇਓ—ਜਗਤ ਵਿਚ ਆਇਆ, ਜੀਵ ਜੰਮਿਆ । ਪਵਨ—ਹਵਾ, ਮਾਇਆ ਦੀ ਹਵਾ, ਮਾਇਆ ਦਾ ਪ੍ਰਭਾਵ ।੧।

ਜੀਅਰਾ—ਹੇ ਜਿੰਦੇ! ।੧।ਰਹਾਉ।

ਉਰਧ—ਉਲਟਾ, ਪੁੱਠਾ ਲਟਕਿਆ ਹੋਇਆ । ਜਠਰ ਅਗਨਿ—ਪੇਟ ਦੀ ਅੱਗ । ਰਹਤਾ—ਬਚਿਆ ਰਹਿੰਦਾ ਹੈ ।੨।

ਭ੍ਰਮਿ—ਭਟਕ ਕੇ, ਭਉਂ ਕੇ । ਆਇਓ—ਆਇਆ ਹੈ, ਮਨੁੱਖਾ ਜਨਮ ਵਿਚ ਆਇਆ ਹੈ । ਅਬ ਕੇ—ਇਸ

ਵਾਰੀ ਭੀ । ਛੁਟਕੇ—ਖੁੰਝ ਜਾਣ ਤੇ । ਠਉਰ ਠਾਇਓ—ਥਾਂ-ਥਿੱਤਾ । ਠਉਰ—{ਸੰ: ਸਥਾਵਰ, ਠਾਂ, ਠਾਵਰ, ਠਉਰ} ਪੱਕਾ, ਟਿਕਵਾਂ । ਠਾਇਓ—{ਸੰ: ਸਥਾਨ ÔQwn} ਠਾਂ, ਥਾਂ ।੩।

ਕਹੁ—ਆਖ, ਜਿੰਦ ਨੂੰ ਸਮਝਾ । ਨ ਆਵਤ ਦੀਸੈ—ਜੋ ਨਾਹ ਆਉਂਦਾ ਦਿੱਸਦਾ ਹੈ, ਜੋ ਨਾਹ ਹੀ ਜੰਮਦਾ ਹੈ । ਨ ਜਾਤ ਜਾਨੀ—ਜੋ ਨਾਹ ਮਰਦਾ ਜਾਣੀਦਾ ਹੈ, ਜੋ ਨਾਹ ਮਰਦਾ ਸੁਣੀਦਾ ਹੈ ।੪।

ਅਰਥ:- ਜਦੋਂ ਜੀਵ ਮਾਂ ਦਾ ਪੇਟ ਛੱਡ ਕੇ ਜਨਮ ਲੈਂਦਾ ਹੈ, ਤਾਂ (ਮਾਇਆ ਦੀ) ਹਵਾ ਲੱਗਦਿਆਂ ਹੀ ਖਸਮ-ਪ੍ਰਭੂ ਨੂੰ ਭੁਲਾ ਦੇਂਦਾ ਹੈ ।੧।

ਹੇ ਜਿੰਦੇ! ਪ੍ਰਭੂ ਦੀ ਸਿਫ਼ਤਿ-ਸਾਲਾਹ ਕਰ ।੧।ਰਹਾਉ।

(ਜਦੋਂ ਜੀਵ) ਮਾਂ ਦੇ ਪੇਟ ਵਿਚ ਸਿਰ-ਭਾਰ ਟਿਕਿਆ ਹੋਇਆ ਪ੍ਰਭੂ ਦੀ ਬੰਦਗੀ ਕਰਦਾ ਹੈ, ਤਦੋਂ ਪੇਟ ਦੀ ਅੱਗ ਵਿਚ ਭੀ ਬਚਿਆ ਰਹਿੰਦਾ ਹੈ ।੨।

(ਜੀਵ) ਚੌਰਾਸੀਹ ਲੱਖ ਜੂਨਾਂ ਵਿਚ ਭਟਕ ਭਟਕ ਕੇ (ਭਾਗਾਂ ਨਾਲ ਮਨੁੱਖਾ ਜਨਮ ਵਿਚ) ਆਉਂਦਾ ਹੈ, ਪਰ ਇੱਥੋਂ ਭੀ ਖੁੰਝ ਕੇ ਫਿਰ ਕੋਈ ਥਾਂ-ਥਿੱਤਾ (ਇਸ ਨੂੰ) ਨਹੀਂ ਮਿਲਦਾ ।੩।

ਹੇ ਕਬੀਰ! ਜਿੰਦ ਨੂੰ ਸਮਝਾ ਕਿ ਉਸ ਸਾਰਿਗਪਾਨੀ-ਪ੍ਰਭੂ ਨੂੰ ਸਿਮਰੇ, ਜੋ ਨਾਹ ਜੰਮਦਾ ਦਿੱਸਦਾ ਹੈ ਤੇ ਨਾਹ ਮਰਦਾ ਸੁਣੀਦਾ ਹੈ ।੪।੧।੧੧।੬੨।

ਸ਼ਬਦ ਦਾ ਭਾਵ:- ਜੋ ਪ੍ਰਭੂ ਮਾਂ ਦੇ ਪੇਟ ਦੀ ਅੱਗ ਵਿਚ ਬਚਾਈ ਰੱਖਦਾ ਹੈ, ਉਹੀ ਜਗਤ ਦੀ ਮਾਇਆ ਦੀ ਅੱਗ ਤੋਂ ਬਚਾਣ ਦੇ ਸਮਰੱਥ ਹੈ । ਇਸ ਵਾਸਤੇ ਪ੍ਰਭੂ ਦਾ ਸਿਮਰਨ ਹੀ ਇਥੇ ਆਉਣ ਦਾ ਮੁੱਖ ਮਨੋਰਥ ਹੈ, ਪਰ ਜੇ ਜੀਵ ਉਸ ਨੂੰ ਇਸ ਮਨੁੱਖਾ ਜਨਮ ਵਿਚ ਸਿਮਰਨੋਂ ਖੁੰਝ ਜਾਏ ਤਾਂ ਫਿਰ ਮੌਕਾ ਨਹੀਂ ਬਣਦਾ ।੬੨।

ਨੋਟ:- ਕਈ ਜੋਗੀ ਲੋਕ ਉਲਟਾ ਲਟਕ ਕੇ (ਸਿਰ-ਭਾਰ ਹੋ ਕੇ) ਤਪ ਕਰਦੇ ਹਨ । ਇਸ ਤੋਂ ਇਹ ਖ਼ਿਆਲ ਆਮ ਪ੍ਰਚਲਤ ਹੈ ਕਿ ਜੀਵ ਮਾਂ ਦੇ ਪੇਟ ਵਿਚ ਪੁੱਠਾ ਲਟਕਿਆ ਹੋਇਆ ਤਪ ਕਰਦਾ ਹੈ ।

ਗਉੜੀ ਪੂਰਬੀ ॥ ਸੁਰਗ ਬਾਸੁ ਨ ਬਾਛੀਐ ਡਰੀਐ ਨ ਨਰਕਿ ਨਿਵਾਸੁ ॥ ਹੋਨਾ ਹੈ ਸੋ ਹੋਈ ਹੈ ਮਨਹਿ ਨ ਕੀਜੈ ਆਸ ॥੧॥ ਰਮਈਆ ਗੁਨ ਗਾਈਐ ॥ ਜਾ ਤੇ ਪਾਈਐ ਪਰਮ ਨਿਧਾਨੁ ॥੧॥ ਰਹਾਉ ॥ ਕਿਆ ਜਪੁ ਕਿਆ ਤਪੁ ਸੰਜਮੋ ਕਿਆ ਬਰਤੁ ਕਿਆ ਇਸਨਾਨੁ ॥ ਜਬ ਲਗੁ ਜੁਗਤਿ ਨ ਜਾਨੀਐ ਭਾਉ ਭਗਤਿ ਭਗਵਾਨ ॥੨॥ ਸੰਪੈ ਦੇਖਿ ਨ ਹਰਖੀਐ ਬਿਪਤਿ ਦੇਖਿ ਨ ਰੋਇ ॥ ਜਿਉ ਸੰਪੈ ਤਿਉ ਬਿਪਤਿ ਹੈ ਬਿਧ ਨੇ ਰਚਿਆ ਸੋ ਹੋਇ ॥੩॥ ਕਹਿ ਕਬੀਰ ਅਬ ਜਾਨਿਆ ਸੰਤਨ ਰਿਦੈ ਮਝਾਰਿ ॥ ਸੇਵਕ ਸੋ ਸੇਵਾ ਭਲੇ ਜਿਹ ਘਟ ਬਸੈ ਮੁਰਾਰਿ ॥੪॥੧॥੧੨॥੬੩॥ {ਪੰਨਾ 337}

ਪਦਅਰਥ:- ਸੁਰਗ ਬਾਸੁ—ਸੁਰਗ ਦਾ ਵਾਸਾ । ਬਾਛੀਐ—ਖ਼ਾਹਸ਼ ਕਰੀਏ, ਤਾਂਘ ਰੱਖੀਏ । ਨਰਕਿ—ਨਰਕ ਵਿਚ । ਸੋ ਹੋਈ ਹੈ—ਉਹੀ ਹੋਵੇਗਾ । ਮਨਹਿ—ਮਨ ਵਿਚ । ਨ ਕੀਜੈ—ਨਾਹ ਕਰੀਏ ।੧।

ਰਮਈਆ—ਸੋਹਣਾ ਰਾਮ । ਜਾ ਤੇ—ਜਿਸ ਤੋਂ । ਪਰਮ—ਸਭ ਤੋਂ ਉੱਚਾ । ਨਿਧਾਨੁ—ਖ਼ਜ਼ਾਨਾ ।੧।ਰਹਾਉ।

ਕਿਆ—ਕਿਸ ਅਰਥ? ਕੀਹ ਲਾਭ? ਸੰਜਮੋ—ਮਨ ਅਤੇ ਇੰਦ੍ਰਿਆਂ ਨੂੰ ਰੋਕਣ ਦਾ ਜਤਨ । ਬਰਤੁ—ਵਰਤ, ਪ੍ਰਣ, ਇਕਰਾਰ (ਆਮ ਤੌਰ ਤੇ ਰੋਟੀ ਨਾਹ ਖਾਣ ਵਾਸਤੇ ਵਰਤੀਦਾ ਹੈ, ਇਹ ਪ੍ਰਣ ਕਿ ਅੱਜ ਕੁਝ ਨਹੀਂ ਖਾਣਾ)

। ਜੁਗਤਿ—ਜਾਚ, ਤਰੀਕਾ । ਭਾਉ—ਪ੍ਰੇਮ ।੨।

ਸੰਪੈ—ਸੰਪਤ, ਐਸ਼੍ਵਰਜ, ਰਾਜ-ਭਾਗ । ਦੇਖਿ—ਵੇਖ ਕੇ । ਨ ਹਰਖੀਐ—ਖ਼ੁਸ਼ ਨਾਹ ਹੋਈਏ, ਫੁੱਲੇ ਨਾਹ ਫਿਰੀਏ । ਬਿਪਤਿ—ਬਿਪਤਾ, ਮੁਸੀਬਤ । ਬਿਧਿ ਨੇ—ਪਰਮਾਤਮਾ ਨੇ ।੩।

ਮਝਾਰਿ—ਵਿਚ । ਭਲੇ—ਚੰਗੇ । ਜਿਹ ਘਟ—ਜਿਨ੍ਹਾਂ ਦੇ ਹਿਰਦੇ ਵਿਚ ।੪।

ਅਰਥ:- ਨਾਹ ਇਹ ਤਾਂਘ ਰੱਖਣੀ ਚਾਹੀਦੀ ਹੈ ਕਿ (ਮਰਨ ਪਿਛੋਂ) ਸੁਰਗ ਦਾ ਵਸੇਬਾ ਮਿਲ ਜਾਏ ਅਤੇ ਨਾਹ ਇਸ ਗੱਲੋਂ ਡਰਦੇ ਰਹੀਏ ਕਿ ਕਿਤੇ ਨਰਕ ਵਿਚ ਹੀ ਨਿਵਾਸ ਨਾਹ ਮਿਲ ਜਾਏ । ਜੋ ਕੁਝ (ਪ੍ਰਭੂ ਦੀ ਰਜ਼ਾ ਵਿਚ) ਹੋਣਾ ਹੈ ਉਹੀ ਹੋਵੇਗਾ । ਸੋ, ਮਨ ਵਿਚ ਆਸਾਂ ਨਹੀਂ ਬਣਾਉਣੀਆਂ ਚਾਹੀਦੀਆਂ ।੧।

ਅਕਾਲ ਪੁਰਖ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ ਅਤੇ ਇਸੇ ਉੱਦਮ ਨਾਲ ਉਹ (ਨਾਮ-ਰੂਪ) ਖ਼ਜ਼ਾਨਾ ਮਿਲ ਜਾਂਦਾ ਹੈ, ਜੋ ਸਭ (ਸੁਖਾਂ) ਨਾਲੋਂ ਉੱਚਾ ਹੈ ।੧।ਰਹਾਉ।

ਜਦ ਤਕ ਅਕਾਲ ਪੁਰਖ ਨਾਲ ਪਿਆਰ ਤੇ ਉਸ ਦੀ ਭਗਤੀ ਦੀ ਜੁਗਤਿ ਨਹੀਂ ਸਮਝੀ (ਭਾਵ, ਜਦ ਤਕ ਇਹ ਸਮਝ ਨਹੀਂ ਪਈ ਕਿ ਭਗਵਾਨ ਨਾਲ ਪਿਆਰ ਕਰਨਾ, ਭਗਵਾਨ ਦੀ ਭਗਤੀ ਕਰਨਾ ਹੀ ਜੀਵਨ ਦੀ ਅਸਲ ਜੁਗਤੀ ਹੈ), ਜਪ ਤਪ, ਸੰਜਮ, ਵਰਤ, ਇਸ਼ਨਾਨ—ਇਹ ਸਭ ਕਿਸੇ ਕੰਮ ਨਹੀਂ ।੨।

ਰਾਜ-ਭਾਗ ਵੇਖ ਕੇ ਫੁੱਲੇ ਨਹੀਂ ਫਿਰਨਾ ਚਾਹੀਦਾ, ਮੁਸੀਬਤ ਵੇਖ ਕੇ ਦੁਖੀ ਨਹੀਂ ਹੋਣਾ ਚਾਹੀਦਾ । ਜੋ ਕੁਝ ਪਰਮਾਤਮਾ ਕਰਦਾ ਹੈ ਉਹੀ ਹੁੰਦਾ ਹੈ, ਜਿਵੇਂ ਰਾਜ-ਭਾਗ (ਪ੍ਰਭੂ ਦਾ ਦਿੱਤਾ ਹੀ ਮਿਲਦਾ) ਹੈ ਤਿਵੇਂ ਬਿਪਤਾ (ਭੀ ਉਸੇ ਦੀ ਪਾਈ ਪੈਂਦੀ) ਹੈ ।੩।

ਕਬੀਰ ਆਖਦਾ ਹੈ—ਹੁਣ ਇਹ ਸਮਝ ਆਈ ਹੈ (ਕਿ ਪਰਮਾਤਮਾ ਕਿਸੇ ਬੈਕੁੰਠ ਸੁਰਗ ਵਿਚ ਨਹੀਂ, ਪਰਮਾਤਮਾ) ਸੰਤਾਂ ਦੇ ਹਿਰਦੇ ਵਿਚ ਵੱਸਦਾ ਹੈ, ਉਹੀ ਸੇਵਕ ਸੇਵਾ ਕਰਦੇ ਸੁਹਣੇ ਲੱਗਦੇ ਹਨ ਜਿਨ੍ਹਾਂ ਦੇ ਮਨ ਵਿਚ ਪ੍ਰਭੂ ਵੱਸਦਾ ਹੈ (ਭਾਵ, ਜੋ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦੇ ਹਨ ।੪।੧।੧੨।੬੩।

ਸ਼ਬਦ ਦਾ ਭਾਵ:- ਜਪ, ਤਪ, ਵਰਤ, ਤੀਰਥ-ਇਸ਼ਨਾਨ ਆਦਿਕ ਆਸਰੇ ਛੱਡ ਕੇ ਜੋ ਮਨੁੱਖ ਭਗਵਾਨ ਦਾ ਭਜਨ ਕਰਦਾ ਹੈ, ਉਸ ਦੀ ਐਸੀ ਉੱਚੀ ਆਤਮਕ ਅਵਸਥਾ ਬਣਦੀ ਹੈ ਕਿ ਜਗਤ ਦੇ ਦੁੱਖ-ਸੁਖ ਉਸ ਨੂੰ ਪ੍ਰਭੂ ਦੀ ਰਜ਼ਾ ਵਿਚ ਹੀ ਆਉਂਦੇ ਦਿੱਸਦੇ ਹਨ, ਇਸ ਵਾਸਤੇ ਉਹ ਮਨੁੱਖ ਨਾਹ ਕਿਸੇ ਸੁਰਗ ਲਈ ਤਾਂਘਦਾ ਹੈ ਨਾਹ ਕਿਸੇ ਨਰਕ ਤੋਂ ਡਰਦਾ ਹੈ ।੬੩।

ਗਉੜੀ ॥ ਰੇ ਮਨ ਤੇਰੋ ਕੋਇ ਨਹੀ ਖਿੰਚਿ ਲੇਇ ਜਿਨਿ ਭਾਰੁ ॥ ਬਿਰਖ ਬਸੇਰੋ ਪੰਖਿ ਕੋ ਤੈਸੋ ਇਹੁ ਸੰਸਾਰੁ ॥੧॥ ਰਾਮ ਰਸੁ ਪੀਆ ਰੇ ॥ ਜਿਹ ਰਸ ਬਿਸਰਿ ਗਏ ਰਸ ਅਉਰ ॥੧॥ ਰਹਾਉ ॥ ਅਉਰ ਮੁਏ ਕਿਆ ਰੋਈਐ ਜਉ ਆਪਾ ਥਿਰੁ ਨ ਰਹਾਇ ॥ ਜੋ ਉਪਜੈ ਸੋ ਬਿਨਸਿ ਹੈ ਦੁਖੁ ਕਰਿ ਰੋਵੈ ਬਲਾਇ ॥੨॥ ਜਹ ਕੀ ਉਪਜੀ ਤਹ ਰਚੀ ਪੀਵਤ ਮਰਦਨ ਲਾਗ ॥ ਕਹਿ ਕਬੀਰ ਚਿਤਿ ਚੇਤਿਆ ਰਾਮ ਸਿਮਰਿ ਬੈਰਾਗ ॥੩॥੨॥੧੩॥੬੪॥ {ਪੰਨਾ 337}

ਪਦਅਰਥ:- ਜਿਨਿ—ਮਤਾਂ । ਖਿੰਚਿ—ਖਿੱਚ ਕੇ । ਪੰਖਿ—ਪੰਛੀ ।੧।

ਰੇ—ਹੇ ਭਾਈ! ਪੀਆ—ਪੀਤਾ ਹੈ । ਜਿਹ ਰਸ—ਜਿਸ (ਰਾਮ-) ਰਸ ਦੀ ਬਰਕਤਿ ਨਾਲ । ਅਉਰ ਰਸ—ਹੋਰ ਹੋਰ ਰਸ ।੧।ਰਹਾਉ।

ਕਿਆ ਰੋਈਐ—ਰੋਣ ਦਾ ਕੀਹ ਲਾਭ? ਜਉ—ਜਦੋਂ । ਥਿਰੁ—ਸਦਾ ਟਿਕੇ ਰਹਿਣ ਵਾਲਾ । ਨ ਰਹਾਇ—ਨਹੀਂ ਰਹਿੰਦਾ । ਬਿਨਸਿ ਹੈ—ਨਾਸ ਹੋ ਜਾਇਗਾ । ਦੁਖ ਕਰਿ—ਦੁਖੀ ਹੋ ਹੋ ਕੇ । ਰੋਵੈ ਬਲਾਇ—ਮੇਰੀ ਬਲਾ ਰੋਵੇ, ਮੈਂ ਕਿਉਂ ਰੋਵਾਂ? ।੨।

ਜਹ ਕੀ ਉਪਜੀ—ਜਿਸ ਪ੍ਰਭੂ ਤੋਂ ਇਹ ਜਿੰਦ ਪੈਦਾ ਹੋਈ । ਤਹ ਰਚੀ—ਉਸੇ ਵਿਚ ਲੀਨ ਹੋ ਗਈ । ਪੀਵਤ—(ਨਾਮ-ਰਸ) ਪੀਂਦਿਆਂ । ਮਰਦਨ ਲਾਗ—ਮਰਦਾਂ ਦੀ ਲਾਗ ਨਾਲ, ਗੁਰਮੁਖਾਂ ਦੀ ਸੰਗਤ ਨਾਲ । ਚਿਤਿ—ਚਿਤ ਵਿਚ । ਸਿਮਰਿ—ਸਿਮਰ ਕੇ । ਬੈਰਾਗ—ਨਿਰਮੋਹਤਾ ।੩।

ਅਰਥ:- ਹੇ ਮੇਰੇ ਮਨ! (ਅੰਤ ਨੂੰ) ਤੇਰਾ ਕੋਈ (ਸਾਥੀ) ਨਹੀਂ ਬਣੇਗਾ, ਮਤਾਂ (ਹੋਰਨਾਂ ਸੰਬੰਧੀਆਂ ਦਾ) ਭਾਰ ਖਿੱਚ ਕੇ (ਆਪਣੇ ਸਿਰ ਤੇ) ਲੈ ਲਏਂ (ਭਾਵ, ਮਤਾਂ ਸੰਬੰਧੀਆਂ ਦੀ ਖ਼ਾਤਰ ਪਰਪੰਚ ਕਰ ਕੇ ਪਰਾਇਆ ਧਨ ਲਿਆਉਣਾ ਸ਼ੁਰੂ ਕਰ ਦੇਵੇਂ) । ਜਿਵੇਂ ਪੰਛੀਆਂ ਦਾ ਰੁੱਖਾਂ ਤੇ ਬਸੇਰਾ ਹੁੰਦਾ ਹੈ ਇਸੇ ਤਰ੍ਹਾਂ ਇਹ ਜਗਤ (ਦਾ ਵਾਸਾ) ਹੈ ।੧।

ਹੇ ਭਾਈ! (ਗੁਰਮੁਖ) ਪਰਮਾਤਮਾ ਦੇ ਨਾਮ ਦਾ ਰਸ ਪੀਂਦੇ ਹਨ ਅਤੇ ਉਸ ਰਸ ਦੀ ਬਰਕਤ ਨਾਲ ਹੋਰ ਸਾਰੇ ਚਸਕੇ (ਉਹਨਾਂ ਨੂੰ) ਵਿਸਰ ਜਾਂਦੇ ਹਨ ।੧।ਰਹਾਉ।

ਕਿਸੇ ਹੋਰ ਦੇ ਮਰਨ ਤੇ ਰੋਣ ਦਾ ਕੀਹ ਅਰਥ, ਜਦੋਂ ਸਾਡਾ ਆਪਣਾ ਆਪ ਹੀ ਸਦਾ ਟਿਕਿਆ ਨਹੀਂ ਰਹੇਗਾ? (ਇਹ ਅਟੱਲ ਨਿਯਮ ਹੈ ਕਿ) ਜੋ ਜੋ ਜੀਵ ਜੰਮਦਾ ਹੈ ਉਹ ਨਾਸ ਹੋ ਜਾਂਦਾ ਹੈ, ਫਿਰ (ਕਿਸੇ ਦੇ ਮਰਨ ਤੇ) ਦੁਖੀ ਹੋ ਹੋ ਕੇ ਰੋਣਾ ਵਿਅਰਥ ਹੈ ।੨।

ਕਬੀਰ ਆਖਦਾ ਹੈ—ਜਿਨ੍ਹਾਂ ਨੇ ਆਪਣੇ ਮਨ ਵਿਚ ਪ੍ਰਭੂ ਨੂੰ ਯਾਦ ਕੀਤਾ ਹੈ, ਪ੍ਰਭੂ ਨੂੰ ਸਿਮਰਿਆ ਹੈ, ਉਹਨਾਂ ਦੇ ਅੰਦਰ ਜਗਤ ਵਲੋਂ ਨਿਰਮੋਹਤਾ ਪੈਦਾ ਹੋ ਜਾਂਦੀ ਹੈ; ਗੁਰਮੁਖਾਂ ਦੀ ਸੰਗਤ ਵਿਚ (ਨਾਮ-ਰਸ) ਪੀਂਦਿਆਂ ਪੀਂਦਿਆਂ ਉਹਨਾਂ ਦੀ ਆਤਮਾ ਜਿਸ ਪ੍ਰਭੂ ਤੋਂ ਪੈਦਾ ਹੋਈ ਹੈ ਉਸੇ ਵਿਚ ਜੁੜੀ ਰਹਿੰਦੀ ਹੈ ।੩।੨।੧੩।੬੪।

ਸ਼ਬਦ ਦਾ ਭਾਵ:- ਸਤਸੰਗ ਵਿਚ ਰਹਿ ਕੇ ਨਾਮ-ਰਸ ਦੀ ਬਰਕਤ ਨਾਲ ਮਨੁੱਖ ਦਾ ਮਨ ਜਗਤ ਦੇ ਮੋਹ ਵਿਚ ਨਹੀਂ ਫਸਦਾ, ਕਿਉਂਕਿ ਇਹ ਸਮਝ ਆ ਜਾਂਦੀ ਹੈ ਕਿ ਇੱਥੇ ਪੰਛੀਆਂ ਵਾਂਗ ਰੈਣ-ਬਸੇਰਾ ਹੀ ਹੈ, ਜੋ ਆਇਆ ਹੈ ਉਸ ਨੇ ਜ਼ਰੂਰ ਚਲੇ ਜਾਣਾ ਹੈ ।੬੪।

ਰਾਗੁ ਗਉੜੀ ॥ ਪੰਥੁ ਨਿਹਾਰੈ ਕਾਮਨੀ ਲੋਚਨ ਭਰੀ ਲੇ ਉਸਾਸਾ ॥ ਉਰ ਨ ਭੀਜੈ ਪਗੁ ਨਾ ਖਿਸੈ ਹਰਿ ਦਰਸਨ ਕੀ ਆਸਾ ॥੧॥ ਉਡਹੁ ਨ ਕਾਗਾ ਕਾਰੇ ॥ ਬੇਗਿ ਮਿਲੀਜੈ ਅਪੁਨੇ ਰਾਮ ਪਿਆਰੇ ॥੧॥ ਰਹਾਉ ॥ ਕਹਿ ਕਬੀਰ ਜੀਵਨ ਪਦ ਕਾਰਨਿ ਹਰਿ ਕੀ ਭਗਤਿ ਕਰੀਜੈ ॥ ਏਕੁ ਆਧਾਰੁ ਨਾਮੁ ਨਾਰਾਇਨ ਰਸਨਾ ਰਾਮੁ ਰਵੀਜੈ ॥੨॥੧॥੧੪॥੬੫॥ {ਪੰਨਾ 338}

ਪਦਅਰਥ:- ਪੰਥੁ—ਰਸਤਾ । ਨਿਹਾਰੈ—ਤੱਕਦੀ ਹੈ, ਵੇਖਦੀ ਹੈ । ਕਾਮਨੀ—ਇਸਤ੍ਰੀ । ਲੋਚਨ—ਅੱਖਾਂ । ਭਰੀਲੇ—(ਹੰਝੂਆਂ ਨਾਲ) ਭਰੇ ਹੋਏ । ਉਸਾਸਾ—ਹਾਹੁਕੇ । ਉਰ—ਦਿਲ, ਹਿਰਦਾ । ਨ ਭੀਜੈ—ਨਹੀਂ ਭਿੱਜਦਾ, ਨਹੀਂ ਰੱਜਦਾ । ਪਗੁ—ਪੈਰ । ਖਿਸੈ—ਖਿਸਕਦਾ ।੧।

ਕਾਗਾ ਕਾਰੇ—ਹੇ ਕਾਲੇ ਕਾਂ! ਉਡਹੁ ਨ—ਉੱਡ, ਮੈਂ ਸਦਕੇ ਜਾਵਾਂ {ਵੇਖੋ ਨ, ਕਰੋ ਨ, ਖਾਓ ਨ—ਅਜਿਹੇ ਵਾਕਾਂ ਵਿਚ ਲਫ਼ਜ਼ 'ਨ' ਪਿਆਰ ਤੇ ਲਾਭ ਪਰਗਟ ਕਰਨ ਲਈ ਵਰਤਿਆ ਜਾਂਦਾ ਹੈ} । ਬੇਗਿ—ਛੇਤੀ ।੧।ਰਹਾਉ।

ਕਹਿ—ਕਹੈ, ਆਖਦਾ ਹੈ । ਜੀਵਨ ਪਦ—ਅਸਲ ਜ਼ਿੰਦਗੀ ਦਾ ਦਰਜਾ । ਆਧਾਰੁ—ਆਸਰਾ । ਰਸਨਾ—ਜੀਭ (ਨਾਲ) । ਰਵੀਜੈ—ਸਿਮਰਨਾ ਚਾਹੀਦਾ ਹੈ ।੨।

ਅਰਥ:- (ਜਿਵੇਂ ਪਰਦੇਸ ਗਏ ਪਤੀ ਦੀ ਉਡੀਕ ਵਿਚ) ਇਸਤ੍ਰੀ (ਉਸ ਦਾ) ਰਾਹ ਤੱਕਦੀ ਹੈ, (ਉਸ ਦੀਆਂ) ਅੱਖਾਂ ਹੰਝੂਆਂ ਨਾਲ ਭਰੀਆਂ ਹਨ ਤੇ ਉਹ ਉੱਭੇ ਸਾਹ ਲੈ ਰਹੀ ਹੈ, (ਰਾਹ ਤੱਕਦਿਆਂ ਉਸ ਦਾ) ਦਿਲ ਰੱਜਦਾ ਨਹੀਂ, ਪੈਰ ਖਿਸਕਦਾ ਨਹੀਂ (ਭਾਵ, ਖਲੋਤੀ ਖਲੋਤੀ ਥੱਕਦੀ ਨਹੀਂ), (ਇਸੇ ਤਰ੍ਹਾਂ ਹਾਲਤ ਹੁੰਦੀ ਹੈ ਉਸ ਬਿਰਹੀ ਜੀਊੜੇ ਦੀ, (ਜਿਸ ਨੂੰ) ਪ੍ਰਭੂ ਦੇ ਦੀਦਾਰ ਦੀ ਉਡੀਕ ਹੁੰਦੀ ਹੈ ।੧।

(ਵਿਛੁੜੀ ਬਿਹਬਲ ਨਾਰ ਵਾਂਗ ਹੀ ਵੈਰਾਗਣ ਜੀਵ-ਇਸਤ੍ਰੀ ਆਖਦੀ ਹੈ) ਹੇ ਕਾਲੇ ਕਾਂ! ਉੱਡ, ਮੈਂ ਸਦਕੇ ਜਾਵਾਂ ਉੱਡ, (ਭਲਾ ਜੇ) ਮੈਂ ਆਪਣੇ ਪਿਆਰੇ ਪ੍ਰਭੂ ਨੂੰ ਛੇਤੀ ਮਿਲ ਪਵਾਂ ।੧।ਰਹਾਉ।

ਕਬੀਰ ਆਖਦਾ ਹੈ—(ਜਿਵੇਂ ਪਰਦੇਸ ਗਏ ਪਤੀ ਦਾ ਰਾਹ ਤੱਕਦੀ ਨਾਰ ਬਿਰਹੋਂ ਅਵਸਥਾ ਵਿਚ ਤਰਲੇ ਲੈਂਦੀ ਹੈ, ਤਿਵੇਂ ਹੀ) ਜ਼ਿੰਦਗੀ ਦਾ ਅਸਲੀ ਦਰਜਾ ਹਾਸਲ ਕਰਨ ਲਈ ਪ੍ਰਭੂ ਦੀ ਭਗਤੀ ਕਰਨੀ ਚਾਹੀਦੀ ਹੈ, ਪ੍ਰਭੂ ਦੇ ਨਾਮ ਦਾ ਹੀ ਇੱਕ ਆਸਰਾ ਹੋਣਾ ਚਾਹੀਦਾ ਹੈ ਤੇ ਜੀਭ ਨਾਲ ਉਸ ਨੂੰ ਯਾਦ ਕਰਨਾ ਚਾਹੀਦਾ ਹੈ ।੨।੧।੧੪।੬੫।

ਸ਼ਬਦ ਦਾ ਭਾਵ:- ਅਸਲ ਜੀਵਨ ਉਹਨਾਂ ਨੂੰ ਮਿਲਿਆ ਹੈ ਜਿਨ੍ਹਾਂ ਨੂੰ ਪ੍ਰਭੂ ਦੀ ਯਾਦ ਦੀ ਲਟਕ ਲੱਗ ਗਈ ਹੈ ਤੇ ਜੋ ਉਸ ਦੇ ਦੀਦਾਰ ਲਈ ਇਉਂ ਤੜਫਦੇ ਹਨ, ਜਿਵੇਂ ਪਰਦੇਸ ਗਏ ਪਤੀ ਦੀ ਉਡੀਕ ਵਿਚ ਰਾਹ ਤੱਕਦੀ ਨਾਰ ਬਨੇਰੇ ਤੋਂ ਕਾਂ ਉਡਾਉਂਦੀ ਹੈ ।੬੫।

ਨੋਟ:- ਕਿਸੇ ਅੱਤ ਪਿਆਰੇ ਦੀ ਉਡੀਕ ਵਿਚ ਔਂਸੀਆਂ ਪਾਈਦੀਆਂ ਹਨ (ਲਕੀਰਾਂ ਪਾ ਪਾ ਕੇ ਵੇਖੀਦਾ ਹੈ ਕਿ ਔਂਸੀ ਰਾਹ ਦੇਂਦੀ ਹੈ ਜਾਂ ਨਹੀਂ), ਬਨੇਰੇ ਤੇ ਆ ਬੈਠੇ ਕਾਂ ਨੂੰ ਆਖੀਦਾ ਹੈ—ਹੇ ਕਾਵਾਂ! ਉੱਡ, ਮੇਰਾ ਪਿਆਰਾ ਆ ਰਿਹਾ ਹੈ ਕਿ ਨਹੀਂ, ਜੇ ਕਾਂ ਉੱਡ ਜਾਏ ਤਾਂ ਸਮਝੀਦਾ ਹੈ ਕਿ ਆ ਰਿਹਾ ਹੈ ।

ਰਾਗੁ ਗਉੜੀ ੧੧ ॥ ਆਸ ਪਾਸ ਘਨ ਤੁਰਸੀ ਕਾ ਬਿਰਵਾ ਮਾਝ ਬਨਾ ਰਸਿ ਗਾਊਂ ਰੇ ॥ ਉਆ ਕਾ ਸਰੂਪੁ ਦੇਖਿ ਮੋਹੀ ਗੁਆਰਨਿ ਮੋ ਕਉ ਛੋਡਿ ਨ ਆਉ ਨ ਜਾਹੂ ਰੇ ॥੧॥ ਤੋਹਿ ਚਰਨ ਮਨੁ ਲਾਗੋ ਸਾਰਿੰਗਧਰ ॥ ਸੋ ਮਿਲੈ ਜੋ ਬਡਭਾਗੋ ॥੧॥ ਰਹਾਉ ॥ ਬਿੰਦ੍ਰਾਬਨ ਮਨ ਹਰਨ ਮਨੋਹਰ ਕ੍ਰਿਸਨ ਚਰਾਵਤ ਗਾਊ ਰੇ ॥ ਜਾ ਕਾ ਠਾਕੁਰੁ ਤੁਹੀ ਸਾਰਿੰਗਧਰ ਮੋਹਿ ਕਬੀਰਾ ਨਾਊ ਰੇ ॥੨॥੨॥੧੫॥੬੬॥ {ਪੰਨਾ 338}

ਕਿਸੇ ਭੀ ਬੋਲੀ ਦਾ 'ਵਰਣਾਤਮਕ' ਰੂਪ ਸਮਝਣ ਵਾਸਤੇ ਇਹ ਜ਼ਰੂਰੀ ਹੈ ਕਿ ਉਸ ਦੇ ਵਿਆਕਰਣ ਅਤੇ ਕੋਸ਼ ਦੀ ਜਿੱਥੋਂ ਤਕ ਕਿ ਉਹ ਮਦਦ ਕਰ ਸਕਦੇ ਹੋਣ, ਸਹਾਇਤਾ ਲਈ ਜਾਏ । ਜਿਨ੍ਹਾਂ ਵਡ-ਭਾਗੀਆਂ ਨੂੰ ਪ੍ਰਭੂ ਦੇ ਦਰ ਤੋਂ ਉੱਚੀਆਂ ਉਡਾਰੀਆਂ ਲਾਣ ਦੀ ਦਾਤ ਮਿਲੀ ਹੋਈ ਹੈ, ਉਹ, ਜੀ ਸਦਕੇ ਲਾਣ, ਪਰ ਇਹ ਉਡਾਰੀਆਂ ਲਾਂਦਿਆਂ ਭੀ ਬਾਣੀ ਦੇ ਬਾਹਰਲੇ ਰੂਪ (ਵਰਣਾਤਮਕ) ਨੂੰ ਅੱਖਾਂ ਤੋਂ ਉਹਲੇ ਨਹੀਂ ਕੀਤਾ ਜਾ ਸਕਦਾ ।

ਸਿਰਜਣਹਾਰ ਨੇ ਹਰੇਕ ਜੀਵ ਨੂੰ ਜਗਤ ਦੇ ਕੌਤਕ ਵੇਖਣ ਸੁਣਨ ਵਾਸਤੇ ਸਰੀਰਕ ਇੰਦ੍ਰੇ ਦਿੱਤੇ ਹੋਏ ਹਨ, ਪਰ ਹਰੇਕ ਜੀਵ ਦੇ ਆਪਣੇ ਆਪਣੇ ਅਸਲੇ ਅਨੁਸਾਰ ਇਹਨਾਂ ਕੌਤਕਾਂ ਦਾ ਵੱਖੋ-ਵੱਖਰਾ ਅਸਰ ਹਰੇਕ ਉੱਤੇ ਪੈਂਦਾ ਹੈ । ਧਰਤੀ ਉੱਤੇ ਉੱਗੇ ਹੋਏ ਇਕ ਨਿੱਕੇ ਜਿਹੇ ਫੁੱਲ ਨੂੰ ਇਸ ਫੁੱਲ ਦੀ ਸਾਰ ਨਾਹ ਜਾਣਨ ਵਾਲਾ ਮਨੁੱਖ ਤਾਂ ਸ਼ਾਇਦ ਪੈਰਾਂ ਹੇਠ ਲਿਤਾੜ ਕੇ ਲੰਘ ਜਾਂਦਾ ਹੈ, ਪਰ ਇਕ ਕੋਮਲ ਹਿਰਦੇ ਵਾਲਾ ਸ਼ਾਇਰ ਇਸ ਨੂੰ ਵੇਖ ਕੇ ਮਸਤ

ਹੋ ਜਾਂਦਾ ਹੈ, ਤੇ ਖ਼ਿਆਲ ਦੇ ਸਮੁੰਦਰ ਵਿਚ ਕਈ ਲਹਿਰਾਂ ਚਲਾ ਦੇਂਦਾ ਹੈ । ਇਹੀ ਹਾਲ 'ਰੱਬੀ-ਸ਼ਾਇਰਾਂ' ਦਾ ਹੈ, ਉਹਨਾਂ ਦੇ ਅੰਦਰੋਂ ਤਾਂ ਸਗੋਂ ਵਧੀਕ ਡੂੰਘਾਈ ਵਿਚੋਂ ਇਹ ਤਰੰਗ ਉਠਦੇ ਹਨ । ਜੇਠ ਦੇ ਮਹੀਨੇ ਅੱਕਾਂ ਦੀਆਂ ਖੱਖੜੀਆਂ ਨੂੰ ਅਸੀ ਸੱਭੇ ਵੇਖਦੇ ਹਾਂ, ਪਰ ਜਦੋਂ 'ਰੱਬੀ-ਸ਼ਾਇਰ' ਪ੍ਰੀਤਮ ਜੀ ਦੀਆਂ ਅੱਖਾਂ ਉਹਨਾਂ ਖੱਖੜੀਆਂ ਉੱਤੇ ਪੈਂਦੀਆਂ ਹਨ, ਤਾਂ ਆਪ ਉਹਨਾਂ ਨੂੰ ਤੱਕ ਕੇ ਇਕ ਡੂੰਘੇ ਬਿਰਹੋਂ ਦੇ ਰੰਗ ਵਿਚ ਆਉਂਦੇ ਹਨ ਤੇ ਇਉਂ ਗਾਉਂਦੇ ਹਨ:

ਖਖੜੀਆ ਸੁਹਾਵੀਆ, ਲਗੜੀਆ ਅਕ ਕੰਠਿ ॥
ਬਿਰਹ ਵਿਛੋੜਾ ਧਣੀ ਸਿਉ, ਨਾਨਕ ਸਹਸੈ ਗੰਠਿ ॥੧॥੭॥ {ਗਉੜੀ ਕੀ ਵਾਰ ਮ: ੫

ਸਤਿਗੁਰੂ ਮਿਹਰ ਕਰੇ, ਉਸ ਦੇ ਨਾਮ-ਲੇਵਾ ਸਿੱਖਾਂ ਦੇ ਹਿਰਦੇ ਵਿਚ ਭੀ ਇਸ ਦਿੱਸਦੇ ਜਗਤ-ਨਜ਼ਾਰੇ ਨੂੰ ਵੇਖ ਕੇ ਇਹੀ ਵਲਵਲਾ ਉੱਠੇ, ਇਹੀ 'ਬਿਰਹੋਂ' ਵਾਲੀ ਲਹਿਰ ਚੱਲੇ । ਪਰ ਜੇ ਕੋਈ ਵਿਦਵਾਨ ਸੱਜਣ "ਅਕ ਖਖੜੀਆਂ" ਦੇ ਥਾਂ ਨਿਰੇ ਮਤਿ, ਬੁਧਿ, ਅੰਤਹਕਰਣ ਆਦਿਕ ਸ਼ਬਦ ਹੀ ਵਰਤ ਕੇ ਆਤਮ-ਗਿਆਨ ਵਾਲੇ ਅਰਥ ਕਰਨੇ ਅਰੰਭ ਦੇਵੇ, ਤਾਂ ਪਾਠਕ-ਜਨ ਆਪ ਹੀ ਵੇਖ ਲੈਣ ਕਿ ਜੋ ਹੁਲਾਰਾ ਉਸ ਸੁਹਣੇ ਅਲੰਕਾਰ ਨੇ ਪੈਦਾ ਕਰਨਾ ਸੀ, ਉਹ ਕਿਤਨਾ ਕੁ ਮੱਧਮ ਪੈ ਜਾਂਦਾ ਹੈ ।

ਇਹ ਬਿਰਹੋਂ ਅਵਸਥਾ ਮਨੁੱਖ ਦੇ ਹਿਰਦੇ ਵਿਚ ਪੈਦਾ ਕਰਨ ਵਾਸਤੇ, ਪ੍ਰੀਤਮ ਜੀ ਕਿਤੇ ਚਕਵੀ ਦੇ ਵਿਛੋੜੇ ਵਾਲਾ ਦਰਦਨਾਕ ਨਜ਼ਾਰਾ ਪੇਸ਼ ਕਰ ਰਹੇ ਹਨ, ਕਿਤੇ ਸਮੁੰਦਰ ਵਿਚੋਂ ਵਿਛੜੇ ਹੋਏ ਸੰਖ ਦੀਆਂ ਢਾਹਾਂ ਦਾ ਹਾਲ ਦੱਸਦੇ ਹਨ ਅਤੇ ਜਲ-ਸੋਮੇ ਨਾਲੋਂ ਟੁੱਟੇ ਹੋਏ ਪੱਥਰ (ਸਰੋਵਰ) ਨੂੰ ਪੁੱਛ ਰਹੇ ਹਨ ਕਿ ਤੇਰਾ ਰੰਗ ਕਿਉਂ ਕਾਲਾ ਪੈ ਗਿਆ ਹੈ, ਅਤੇ ਤੇਰੇ ਵਿਚ ਲਹਿ ਲਹਿ ਕਰਨ ਵਾਲੇ ਕੌਲ-ਫੁੱਲ ਹੁਣ ਕਿਉਂ ਸੜ ਗਏ ਹਨ ।

ਇਹ ਜ਼ਿੰਦਗੀ-ਦਾਤੀ 'ਬਿਰਹੋਂ' ਅਵਸਥਾ ਪੈਦਾ ਕਰਨ ਲਈ ਕਦੇ ਕਦੇ ਕਿਸੇ ਬਿਰਹਣੀ ਇਸਤ੍ਰੀ ਦੇ ਮਨੋਵੇਗ ਬਿਆਨ ਕਰਦੇ ਹਨ, ਤੇ ਕਬੀਰ ਜੀ ਦੀ ਰਸਨਾ ਦੁਆਰਾ ਇਉਂ ਆਖਦੇ ਹਨ:

ਪੰਥੁ ਨਿਹਾਰੈ ਕਾਮਨੀ, ਲੋਚਨ ਭਰੀਲੇ ਉਸਾਸਾ ॥ ਉਰ ਨ ਭੀਜੈ, ਪਗੁ ਨਾ ਖਿਸੈ, ਹਰਿ ਦਰਸਨ ਕੀ ਆਸਾ ॥੧॥ ਉਡਹੁ ਨ ਕਾਗਾ ਕਾਰੇ ॥ ਬੇਗਿ ਮਿਲੀਜੈ ਅਪੁਨੇ ਰਾਮ ਪਿਆਰੇ ॥੧॥ਰਹਾਉ॥ ਕਹਿ ਕਬੀਰ ਜੀਵਨ ਪਦ ਕਾਰਨਿ ਹਰਿ ਕੀ ਭਗਤਿ ਕਰੀਜੈ ॥ ਏਕੁ ਆਧਾਰੁ ਨਾਮ ਨਾਰਾਇਨ ਰਸਨਾ ਰਾਮੁ ਰਵੀਜੈ ॥੨॥੧॥੧੪॥੬੫॥

ਇਸ ਡੂੰਘੇ ਤਰਲੇ ਵਾਲੇ ਦਿਲੀ ਦਰਦ ਦੀ ਸਾਰ ਉਹੀ ਜਾਣੇ, ਜੋ ਸਚ-ਮੁਚ ਆਪਣੇ ਪਿਆਰੇ ਪ੍ਰਾਣ-ਨਾਥ ਪਤੀ ਤੋਂ ਵਿਛੜੀ ਹੋਈ ਕਾਂ ਉਡਾ ਰਹੀ ਹੈ ਤੇ ਔਂਸੀਆਂ ਪਾ ਰਹੀ ਹੈ । 'ਇਹ ਰੱਬੀ-ਬਾਣ' ਉਸ ਬਿਰਹਣੀ ਵਾਸਤੇ ਸਚ-ਮੁਚ ਕਾਰੀ ਬਾਣ ਹੈ । ਦੁਨੀਆ ਦੇ ਸਿਆਣੇ ਤੋਂ ਸਿਆਣੇ ਵਿਦਵਾਨਾਂ ਦੇ 'ਪਤਿਬ੍ਰਤਾ' ਉੱਤੇ ਦਿੱਤੇ ਲੈਕਚਰ ਉਸ ਉੱਤੇ ਇਤਨਾ ਅਸਰ ਨਹੀਂ ਕਰ ਸਕਦੇ, ਜਿਤਨਾ ਇਹ ਇੱਕ ਇਕੱਲੀ ਤੁਕ—"ਉਡਹੁ ਨ ਕਾਗਾ ਕਾਰੇ" ।

ਪਰ ਜੇ ਕੋਈ ਵਿਦਵਾਨ ਸੱਜਣ ਉਸ ਬਿਰਹੋਂ-ਕੁਠੀ ਨੂੰ ਇਹ ਕਹਿ ਦੇਵੇ ਕਿ ਇਸ ਦਾ ਅਰਥ ਤਾਂ ਇਉਂ ਹੈ—'ਹੇ ਕਾਲਿਓ ਪਾਪੋ, ਦੂਰ ਹੋ ਜਾਉ', ਤਾਂ ਪੁੱਛੋ ਉਸੇ ਬਿਰਹੀ ਹਿਰਦੇ ਪਾਸੋਂ ਕਿ 'ਕਾਂਵਾਂ' ਨੂੰ ਉਡਾ ਕੇ ਜੋ ਹੁਲਾਰਾ ਉਸ ਦੇ ਅੰਦਰੋਂ ਆਉਂਦਾ ਸੀ, ਉਹ ਹੁਣ 'ਕਾਲਿਆਂ ਪਾਪਾਂ' ਦਾ ਨਾਉਂ ਸੁਣ ਕੇ ਕਿੱਥੇ ਗਿਆ ।

ਸ੍ਰੀ ਕ੍ਰਿਸ਼ਨ ਜੀ ਦੇ ਬਾਲ-ਕੌਤਕਾਂ ਨੂੰ 'ਬਿਰਹੋਂ' ਤੇ 'ਪਿਆਰ' ਦੇ ਰੰਗ ਵਿਚ ਸੁਣਾਉਣ ਵਾਲੇ ਸੱਜਣ ਇਕ ਸਾਖੀ ਇਉਂ ਸੁਣਾਇਆ ਕਰਦੇ ਹਨ:

"ਸ਼ਿਆਮ ਜੀ ਗੋਕਲ ਦੀਆਂ ਗੁਆਲਣਾਂ ਨੂੰ ਵਿਲਕਦੀਆਂ ਹੀ ਛੱਡ ਕੇ ਕੰਸ ਨੂੰ 'ਕਿਰਤਾਰਥ' ਕਰਨ ਵਾਸਤੇ

ਮਥਰਾ ਵਿਚ ਆ ਗਏ; ਤੇ ਮੁੜ ਗੋਕਲ ਜਾਣ ਦਾ ਸਮਾ ਨਾਹ ਮਿਲਿਆ । ਜਦੋਂ ਵਿਛੋੜੇ ਵਿਚ ਉਹ ਬਹੁਤ ਬਿਹਬਲ ਹੋਈਆਂ, ਤਾਂ ਕ੍ਰਿਸ਼ਨ ਜੀ ਨੇ ਆਪਣੇ ਭਗਤ 'ਊਧਉ' ਨੂੰ ਭੇਜਿਆ ਕਿ ਗੋਕਲ ਜਾ ਕੇ ਗੋਪੀਆਂ ਨੂੰ ਧੀਰਜ ਦੇ ਆਵੇ; ਪਰ ਆਪਣੇ ਪ੍ਰਾਣ-ਪਿਆਰੇ ਤੋਂ ਬਿਨਾ ਬਿਰਹੀ ਜੀਊੜਿਆਂ ਨੂੰ ਕਿਵੇਂ ਧੀਰਜ ਆਵੇ? ਜਦੋਂ ਹੋਰ ਉਪਦੇਸ਼ ਕਾਰਗਰ ਨਾ ਹੋਇਆ, 'ਊਧਉ' ਨੇ ਗੋਪੀਆਂ ਨੂੰ ਸਮਝਾਇਆ ਕਿ ਹੁਣ 'ਜਗਦੀਸ਼' ਦਾ ਸਿਮਰਨ ਕਰੋ, ਸ਼ਿਆਮ ਜੀ ਇੱਥੇ ਨਹੀਂ ਆ ਸਕਦੇ । ਇਸ ਦਾ ਉੱਤਰ ਉਹਨਾਂ ਦਰਦ-ਭਰੇ ਹਿਰਦਿਆਂ ਵਿਚੋਂ ਇਉਂ ਨਿਕਲਿਆ:

"ਊਧਉ! ਮਨ ਨਹੀ ਦਸ ਬੀਸ ॥ ਇਕ ਮਨ ਸੀ ਜੋ ਸ਼ਿਆਮ ਜੀ ਲੈ ਗਏ, ਕਉਣ ਭਜੇ ਜਗਦੀਸ਼ ।"

ਇਹ ਦਿਲ-ਚੀਰਵੇਂ ਉੱਤਰ ਦਾ ਰਸ ਭੀ ਕੋਈ ਉਹੀ ਜੀਊੜਾ ਲੈ ਸਕਦਾ ਹੈ, ਜੋ ਆਪ ਪ੍ਰੇਮ-ਨੈਂ ਵਿਚ ਤਾਰੀਆਂ ਲੈ ਰਿਹਾ ਹੈ ।

ਆਉ, ਅਸੀ ਭੀ ਉਸੇ ਪ੍ਰੇਮ-ਨੈਂ ਵਿਚ ਅੱਪੜ ਕੇ 'ਗੋਕਲ' ਦੀ 'ਗੁਆਰਨ' ਵਾਂਗ ਪ੍ਰੀਤਮ ਦਾ ਪੱਲਾ ਫੜ ਕੇ ਆਖੀਏ, ਲਾਲ! ਸੁਹਣੇ ਲਾਲ! ਛੱਡ ਕੇ ਨਾਹ ਜਾਈਂ । ਜਿਵੇਂ ਗੋਕਲ ਤੋਂ ਟੁਰਦੇ ਸ਼ਿਆਮ ਜੀ ਅੱਗੇ 'ਗੁਆਰਨ' ਹਾੜੇ ਕਰਦੀ ਸੀ, ਤਿਵੇਂ ਕਬੀਰ ਜੀ ਨਾਲ ਮਿਲ ਕੇ ਅਸੀ ਭੀ ਉੱਥੇ ਅੱਪੜ ਕੇ ਆਖੀਏ—ਦਾਤਾ!

"ਮੋ ਕਉ ਛੋਡਿ ਨ ਆਉ ਨ ਜਾਹੂ ਰੇ" "ਮੋ ਕਉ ਛੋਡਿ ਨ ਆਉ ਨ ਜਾਹੂ ਰੇ'

ਕਿਆ ਅਜੀਬ ਤਰਲਾ ਹੈ! ਕੈਸੀ ਢੂੰਘੀ ਬਿਰਹੋਂ-ਨਦੀ ਵਿਚੋਂ ਲਹਿਰ ਉਠ ਰਹੀ ਹੈ! ਆਪ-ਮੁਹਾਰੇ ਚਿੱਤ ਇੱਥੇ ਹੀ ਤਾਰੀਆਂ ਲੈਣ ਨੂੰ ਲੋਚਦਾ ਹੈ ।

ਜਗਤ-ਅਖਾੜੇ ਵਿਚੋਂ ਲੰਘ ਚੁਕੇ ਬਿਰਹੀ-ਜੀਊੜਿਆਂ ਦੇ ਇਹੋ ਜਿਹੇ ਨਾਟ ਇਸੇ ਹੀ ਨੈਂ ਦੇ ਤਾਰੂਆਂ ਵਾਸਤੇ ਚਾਨਣ-ਮੁਨਾਰੇ ਹੋਇਆ ਕਰਦੇ ਹਨ । ਭਾਵੇਂ ਇਹ ਚਾਨਣ-ਮੁਨਾਰਾ ਸਦੀਆਂ ਦੀ ਵਿੱਥ ਤੇ ਕਿਤੇ ਦੂਰ ਟਿਕਾਣੇ ਉੱਤੇ ਹੁੰਦਾ ਹੈ, ਪਰ ਇਸ ਦੀ ਚੋਟੀ ਉੱਤੇ ਇਹ ਬਿਰਹੀ-ਤਰਲੇ ਵਾਲੀ ਲਾਟ ਲਟ-ਲਟ ਕਰ ਰਹੀ ਹੁੰਦੀ ਹੈ, ਜੋ ਸਦੀਆਂ ਪਿੱਛੋਂ ਭੀ ਆਏ ਪਤੰਗਿਆਂ ਨੂੰ ਧ੍ਰੂਹ ਪਾਣੋਂ ਨਹੀਂ ਰਹਿ ਸਕਦੀ ।

ਉੱਚੇ ਵਣਵਲੇ ਵਿਚ ਅੱਪੜੇ ਹੋਏ ਰੱਬੀ ਆਸ਼ਿਕਾਂ ਦੇ ਬਿਰਹੋਂ-ਭਿੱਜੇ ਬਚਨਾਂ ਦਾ ਅਨੰਦ ਭੀ ਪੂਰਨ ਤੌਰ ਤੇ ਤਦੋਂ ਹੀ ਆਉਂਦਾ ਹੈ, ਜੇ ਉਸ ਅਨੰਦ ਦਾ ਚਾਹਵਾਨ ਸੱਜਣ ਉਸੇ ਵਲਵਲੇ ਵਿੱਚ ਅੱਪੜਨ ਦਾ ਜਤਨ ਕਰੇ ।

ਕਈ ਵਿਦਵਾਨ ਸੱਜਣ ਸ਼ਬਦ 'ਗੁਆਰਨਿ' ਦਾ ਅਰਥ "ਬੁੱਧੀ" ਰੂਪ ਗੁਆਰਨ ਕਰ ਕੇ ਉਸ ਬਿਰਹੋਂ ਵਾਲੇ ਨਕਸ਼ੇ ਨੂੰ ਅੱਖਾਂ ਅੱਗੋਂ ਕਾਫ਼ੀ ਮੱਧਮ ਕਰ ਦੇਂਦੇ ਹਨ ।

ਪਹਿਲੀ ਤੁਕ ਵਿਚ ਦੇ ਲਫ਼ਜ਼ "ਬਨਾ ਰਸਿ" ਦਾ ਅਰਥ ਕਈ ਸੱਜਣ "ਬਰਸਾਨਾ" ਪਿੰਡ ਕਰਦੇ ਹਨ ਅਤੇ ਕੁਝ ਸੱਜਣ ਇਸ ਨੂੰ 'ਬਨਾਰਸਿ' ਸ਼ਹਿਰ ਸਮਝਦੇ ਹਨ । ਇਸ ਦਾ 'ਪਾਠ' ਅਤੇ 'ਅਰਥ' ਤਜਵੀਜ਼ ਕਰਨ ਤੋਂ ਪਹਿਲਾਂ ਪਾਠਕਾਂ ਦਾ ਧਿਆਨ ਇਸ ਸ਼ਬਦ ਦੀ ਦੂਜੀ ਤੁਕ ਦੇ ਲਫ਼ਜ਼ 'ਉਆ ਕਾ' ਵਲ ਦਿਵਾਇਆ ਜਾਂਦਾ ਹੈ । ਇਸ 'ਉਆ ਕਾ' ਦਾ ਅਰਥ ਕਿਸ ਤਰ੍ਹਾਂ ਕਰਨਾ ਹੈ? ਇਸ ਦੇ ਵਾਸਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚੋਂ ਕੁਝ ਪ੍ਰਮਾਣ ਹੇਠ ਦਿੱਤੇ ਜਾਂਦੇ ਹਨ:

(੧) ਉਆ ਅਉਸਰ ਕੈ ਹਉ ਬਲਿ ਜਾਈ ॥

ਆਠ ਪਹਿਰ ਅਪਨਾ ਪ੍ਰਭੁ ਸਿਮਰਨੁ ਵਡ ਭਾਗੀ ਹਰਿ ਪਾਈ ॥੧॥ਰਹਾਉ॥ {ਸਾਰੰਗ ਮ: ੫

ਭਾਵ, "ਜਦੋਂ" ਅੱਠੇ ਪਹਿਰ ਆਪਣਾ ਪ੍ਰਭੂ ਸਿਮਰਾਂ, 'ਉਆ ਅਉਸਰ ਕੈ' ।

(੨) ਯਾਹੂ ਜਤਨ ਕਰਿ ਹੋਤ ਛੁਟਾਰਾ ॥ ਉਆਹੂ ਜਤਨ ਸਾਧ ਸੰਗਾਰਾ ॥੪੩॥ {ਗਉੜੀ, ਬਾਵਨ ਅੱਖਰੀ

ਭਾਵ 'ਜਿਸ' ਜਤਨ ਕਰ ਕੇ....'ਉਆਹੂ ਜਤਨ' ।

(੩) ਉਆ ਕਉ ਕਹੀਐ ਸਹਜ ਮਤਵਾਰਾ ॥ ਪੀਵਤ ਰਾਮ ਰਸੁ ਗਿਆਨ ਬੀਚਾਰਾ ॥੧॥ਰਹਾਉ॥੨੦॥

{ਗਉੜੀ ਕਬੀਰ ਜੀ

ਭਾਵ, 'ਜੋ' ਪੀਵਤ ਰਾਮ ਰਸੁ...'ਉਆ ਕਉ' ।

(੪) ਰਾਮ ਨਾਮ ਸੰਗਿ ਮਨਿ ਨਹੀ ਹੇਤਾ ॥ ਜੋ ਕਛੁ ਕੀਨੋ ਸੋਊ ਅਨੇਤਾ ॥
. . ਉਆ ਤੇ ਊਤਮ ਗਨਉ ਚੰਡਾਲਾ ॥ ਨਾਨਕ ਜਿਹ ਮਨਿ ਬਸਹਿ ਗੁਪਾਲਾ ॥੧੬॥ {ਗਉੜੀ ਬਾਵਨ ਅੱਖਰੀ

. . ਭਾਵ, 'ਜਿਸ ਨੇ' ਰਾਮ ਨਾਮ ਸੰਗਿ...'ਉਆ ਤੇ'... ।

ਉੱਪਰਲੇ ਪ੍ਰਮਾਣਾਂ ਤੋਂ ਪਾਠਕ-ਜਨ ਵੇਖ ਚੁਕੇ ਹਨ ਕਿ ਜਿੱਥੇ ਕਿਸੇ ਤੁਕ ਵਿਚ ਸ਼ਬਦ 'ਉਆ' ਆਇਆ ਹੈ, ਉਸ ਨਾਲ ਸੰਬੰਧ ਰੱਖਣ ਵਾਲਾ ਪੜਨਾਂਵ (Co-relative pronoun) 'ਜੋ' ਜਾਂ 'ਜਿਸ ਨੇ' ਆਦਿਕ ਭੀ ਗੁਪਤ ਜਾਂ ਪਰਗਟ ਸ਼ਕਲ ਵਿਚ ਨਾਲ ਦੀ ਤੁਕ ਵਿਚ ਮਿਲਦਾ ਹੈ ।

ਇਸੇ ਤਰ੍ਹਾਂ ਇਸ ਸ਼ਬਦ ਦੀ ਦੂਜੀ ਤੁਕ ਵਿਚ ਦੇ "ਉਆ ਕਾ" ਨਾਲ ਸੰਬੰਧ ਰੱਖਣ ਵਾਲਾ 'ਪੜਨਾਂਵ' ਭੀ ਲੱਭੀਏ ਤੇ ਇਉਂ ਪੜ੍ਹੀਏ:

"(ਜਿਸ ਦੇ) ਆਸ ਪਾਸ ਘਨ ਤੁਰਸੀ ਕਾ ਬਿਰਵਾ...

ਗੁਆਰਨਿ ਉਆ ਕਾ ਸਰੂਪੁ ਦੇਖਿ ਮੋਹੀ"

ਅਰਥ:- ਗੁਆਰਨ ਉਸ ਦਾ ਸਰੂਪ ਵੇਖ ਕੇ ਮਸਤ ਹੋ ਗਈ, ਜਿਸ ਦੇ ਆਸੇ-ਪਾਸੇ ਤੁਲਸੀ ਦੇ ਸੰਘਣੇ ਬੂਟੇ ਸਨ । ਅਤੇ

("ਜੋ") 'ਮਾਝ ਬਨਾ ਰਸਿ ਗਾਊ ਰੇ' । {ਭਾਵ, ਅਤੇ "ਜੋ" (ਤੁਲਸੀ ਦੇ) ਬਨ ਵਿਚ ਰਸ ਨਾਲ (ਪ੍ਰੇਮ ਨਾਲ) ਗਾ ਰਿਹਾ ਸੀ ।

ਹੁਣ ਮੁੜ ਦੋਹਾਂ ਤੁਕਾਂ ਨੂੰ ਰਲਾ ਕੇ ਪੜ੍ਹੀਏ ਤੇ ਅਰਥ ਕਰੀਏ ਜੋ ਇਉਂ ਬਣਦਾ ਹੈ:

('ਜਿਸ' ਕ੍ਰਿਸ਼ਨ ਜੀ ਦੇ) ਆਸੇ ਪਾਸੇ ਤੁਲਸੀ ਦੇ ਸੰਘਣੇ ਬੂਟੇ ਸਨ (ਅਤੇ ਜੋ) (ਤੁਲਸੀ ਦੇ) ਬਨਾਂ ਵਿਚ ਪ੍ਰੇਮ ਨਾਲ ਗਾ ਰਿਹਾ ਸੀ {ਨੋਟ:- ਇਥੇ ਕ੍ਰਿਸ਼ਨ ਜੀ ਦੀ ਬੰਸਰੀ ਵਾਲਾ ਇਸ਼ਾਰਾ ਹੈ}, ਉਸ ਦਾ ਸਰੂਪ ਵੇਖ ਕੇ ਗੁਆਲਣ ਮੋਹੀ ਗਈ (ਤੇ ਆਖਣ ਲੱਗੀ—ਪ੍ਰੀਤਮ!) ਮੈਨੂੰ ਛੱਡ ਕੇ ਕਿਸੇ ਹੋਰ ਥਾਂ ਨਾ ਜਾਈਂ-ਆਈਂ ।੧।

ਵਿਚਾਰ ਅੱਗੇ ਹੀ ਕਾਫ਼ੀ ਲੰਮੀ ਹੋ ਚੁਕੀ ਹੈ । ਹੁਣ ਪਾਠਕ-ਜਨ ਆਪ ਵਿਚਾਰ ਲੈਣ ਕਿ ਪਹਿਲੀ ਤੁਕ ਵਿਚ ਪਾਠ 'ਬਨਾ' ਤੇ 'ਰਸ' ਵੱਖੋ ਵੱਖਰਾ ਹੈ । ਵਿਆਕਰਣ ਅਨੁਸਾਰ ਸ਼ਬਦ 'ਰਸਿ' ਦਾ ਅਰਥ ਹੈ ਰਸ ਨਾਲ, ਪ੍ਰੇਮ ਨਾਲ, ਜਿਵੇਂ 'ਰਸਿ ਰਸਿ ਚੋਗ ਚੁਗਹਿ ਨਿਤ ਫਾਸਹਿ ।'

ਪਦਅਰਥ:- ੧੧ 'ਘਰ' ਗਿਆਰ੍ਹਵਾਂ ।

ਘਨ—ਸੰਘਣੇ । ਤੁਰਸੀ—ਤੁਲਸੀ । ਬਿਰਵਾ—ਬੂਟੇ । ਮਾਝ ਬਨਾ—ਬਨਾਂ ਵਿਚ, ਤੁਲਸੀ ਦੇ ਜੰਗਲ ਵਿਚ ।

ਰਸਿ—ਰਸ ਨਾਲ, ਪ੍ਰੇਮ ਨਾਲ । ਗਾਉ—ਗਾਉਂਦਾ ਹੈ । ਉਆ ਕਾ—ਉਸ ਦਾ । ਰੇ—ਹੇ ਪ੍ਰੀਤਮ! ।੧।

ਤੋਹਿ ਚਰਨ—ਤੇਰੇ ਚਰਨਾਂ ਵਿਚ । ਸਾਰਿੰਗਧਰ—ਹੇ ਸਾਰਿੰਗਧਰ! ਹੇ ਧਨਖ-ਧਾਰੀ! ।੧।ਰਹਾਉ।

ਬਿੰਦ੍ਰਾਬਨ—{ਸੰ: ਬ੍ਰਿੰਦਾ ਬਨ । ਬ੍ਰਿੰਦਾ—ਤੁਲਸੀ} ਤੁਲਸੀ ਦਾ ਜੰਗਲ । ਮਨ ਹਰਨ—ਮਨ ਨੂੰ ਮੋਹ ਲੈਣ ਵਾਲਾ । ਗਾਊ—ਗਾਈਆਂ । ਜਾ ਕਾ—ਜਿਸ ਦਾ । ਮੋਹਿ ਨਾਉ—ਮੇਰਾ ਨਾਮ । ਰੇ—ਹੇ ਸੱਜਣ! ।੨।

ਅਰਥ:- (ਜਿਸ ਕ੍ਰਿਸ਼ਨ ਜੀ ਦੇ) ਆਸੇ ਪਾਸੇ ਤੁਲਸੀ ਦੇ ਸੰਘਣੇ ਬੂਟੇ ਸਨ (ਅਤੇ ਜੋ) ਤੁਲਸੀ ਦੇ ਜੰਗਲ ਵਿਚ ਪ੍ਰੇਮ ਨਾਲ ਗਾ ਰਿਹਾ ਸੀ ਉਸ ਦਾ ਦਰਸ਼ਨ ਕਰ ਕੇ (ਗੋਕਲ ਦੀ) ਗੁਆਲਣ ਮੋਹੀ ਗਈ (ਤੇ ਆਖਣ ਲੱਗੀ—) ਹੇ ਪ੍ਰੀਤਮ! ਮੈਨੂੰ ਛੱਡ ਕੇ ਕਿਸੇ ਹੋਰ ਥਾਂ ਨਾਹ ਆਈਂ ਜਾਈਂ ।੧।

ਹੇ ਧਨੁਖਧਾਰੀ ਪ੍ਰਭੂ! (ਜਿਵੇਂ ਉਹ ਗੁਆਲਣ ਕ੍ਰਿਸ਼ਨ ਜੀ ਤੋਂ ਵਾਰਨੇ ਜਾਂਦੀ ਸੀ ਤਿਵੇਂ ਮੇਰਾ ਭੀ) ਮਨ ਤੇਰੇ ਚਰਨਾਂ ਵਿਚ ਪ੍ਰੋਤਾ ਗਿਆ ਹੈ, ਪਰ ਤੈਨੂੰ ਓਹੀ ਮਿਲਦਾ ਹੈ ਜੋ ਵੱਡੇ ਭਾਗਾਂ ਵਾਲਾ ਹੋਵੇ ।੧।ਰਹਾਉ।

ਹੇ ਪ੍ਰਭੂ! ਬਿੰਦ੍ਰਾਬਨ ਵਿਚ ਕ੍ਰਿਸ਼ਨ ਗਾਈਆਂ ਚਾਰਦਾ ਸੀ (ਤੇ ਉਹ ਗੋਕਲ ਦੀਆਂ ਗੁਆਲਣਾਂ ਦਾ) ਮਨ ਮੋਹਣ ਵਾਲਾ ਸੀ, ਮਨ ਨੂੰ ਧੂਹ ਪਾਣ ਵਾਲਾ ਸੀ ਤੇ ਹੇ ਧਨੁਖਧਾਰੀ ਸੱਜਣ! ਜਿਸ ਦਾ ਤੂੰ ਸਾਈਂ ਹੈਂ ਉਸ ਦਾ ਨਾਮ ਕਬੀਰ (ਜੁਲਾਹਾ) ਹੈ (ਭਾਵ, ਜਿਨ੍ਹਾਂ ਦਾ ਮਨ ਕ੍ਰਿਸ਼ਨ ਜੀ ਨੇ ਬਿੰਦ੍ਰਾਬਨ ਵਿਚ ਗਾਈਆਂ ਚਾਰ ਕੇ ਮੋਹਿਆ ਸੀ ਉਨ੍ਹਾਂ ਨੂੰ ਲੋਕ ਗੋਕਲ ਦੀਆਂ ਗਰੀਬ ਗੁਆਲਣਾਂ ਆਖਦੇ ਹਨ । ਹੇ ਸਾਈਂ! ਮੇਰੇ ਤੇ ਤੂੰ ਮਿਹਰ ਕਰ, ਮੈਨੂੰ ਭੀ ਲੋਕ ਗਰੀਬ ਜੁਲਾਹਾ ਆਖਦੇ ਹਨ । ਤੂੰ ਗਰੀਬਾਂ ਉਤੇ ਜ਼ਰੂਰ ਮਿਹਰ ਕਰਦਾ ਹੈਂ) ।੨।੧੫।੬੬।

ਗਉੜੀ ਪੂਰਬੀ ੧੨ ॥ ਬਿਪਲ ਬਸਤ੍ਰ ਕੇਤੇ ਹੈ ਪਹਿਰੇ ਕਿਆ ਬਨ ਮਧੇ ਬਾਸਾ ॥ ਕਹਾ ਭਇਆ ਨਰ ਦੇਵਾ ਧੋਖੇ ਕਿਆ ਜਲਿ ਬੋਰਿਓ ਗਿਆਤਾ ॥੧॥ ਜੀਅਰੇ ਜਾਹਿਗਾ ਮੈ ਜਾਨਾਂ ॥ ਅਬਿਗਤ ਸਮਝੁ ਇਆਨਾ ॥ ਜਤ ਜਤ ਦੇਖਉ ਬਹੁਰਿ ਨ ਪੇਖਉ ਸੰਗਿ ਮਾਇਆ ਲਪਟਾਨਾ ॥੧॥ ਰਹਾਉ ॥ ਗਿਆਨੀ ਧਿਆਨੀ ਬਹੁ ਉਪਦੇਸੀ ਇਹੁ ਜਗੁ ਸਗਲੋ ਧੰਧਾ ॥ ਕਹਿ ਕਬੀਰ ਇਕ ਰਾਮ ਨਾਮ ਬਿਨੁ ਇਆ ਜਗੁ ਮਾਇਆ ਅੰਧਾ ॥੨॥੧॥੧੬॥੬੭॥ {ਪੰਨਾ 338}

ਪਦਅਰਥ:- ੧੨—'ਘਰ' ਬਾਰ੍ਹਵਾਂ ।

ਬਿਪਲ—{ਸੰ: ਵਿਪੁਲ—ਲੰਮੇ ਖੁਲ੍ਹੇ} ਲੰਮੇ ਚੌੜੇ, ਖੁਲ੍ਹੇ । ਕੇਤੇ—ਕਈ । ਪਹਿਰੇ—ਪਹਿਨ ਲਏ । ਕਿਆ—ਕੀ ਲਾਭ ਹੋਇਆ? ਮਧੇ—ਵਿਚ । ਨਰ—ਹੇ ਨਰ । ਹੇ ਭਾਈ! ਧੋਖੇ—{ਸੰ: D˜ ਧੁਖ—ਧੁਖਾਉਣਾ} ਧੂਪ ਧੁਖਾਇਆ, ਪੂਜਾ ਕੀਤੀ । ਦੇਵਾ—ਦੇਵਤੇ । ਜਲਿ—ਪਾਣੀ ਵਿਚ । ਬੋਰਿਓ—ਡੋਬਿਆ । ਗਿਆਤਾ—ਜਾਣ ਬੁਝ ਕੇ ।੧।

ਜੀਅ ਰੇ—ਹੇ ਜਿੰਦੇ! ਹੇ ਜੀਵ! ਮੈਂ ਸਮਝਦਾ ਹਾਂ । ਜਾਹਿਗਾ—ਤੂੰ ਭੀ ਜਨਮ ਅਜਾਈਂ ਗੰਵਾ ਲਏਂਗਾ । ਅਬਿਗਤੁ—{ਸੰ: A0X#q ਅਵਜਕਤ—ਅਦ੍ਰਿਸ਼ਟ ਪ੍ਰਭੂ} ਪਰਮਾਤਮਾ । ਇਆਨਾ—ਹੇ ਅੰਞਾਣ! ਜਤ ਜਤ—ਜਿੱਧਰ ਜਿੱਧਰ, ਹਰ ਪਾਸੇ । ਬਹੁਰਿ—ਮੁੜ (ਉਸੇ ਰੰਗ ਵਿਚ) । ਨ ਪੇਖਉ—ਮੈਂ ਨਹੀਂ ਵੇਖਦਾ । ਸੰਗਿ—ਸੰਗ ਵਿਚ ।੧।ਰਹਾਉ।

ਗਿਆਨੀ—ਗਿਆਨ-ਚਰਚਾ ਕਰਨ ਵਾਲੇ । ਧਿਆਨੀ—ਸਮਾਧੀਆਂ ਲਾਣ ਵਾਲੇ । ਬਹੁ ਉਪਦੇਸੀ—ਹੋਰਨਾਂ ਨੂੰ ਬੜੀ ਸਿੱਖਿਆ ਦੇਣ ਵਾਲੇ । ਧੰਧਾ—ਜੰਜਾਲ ।੨।

ਅਰਥ:- ਕਈ ਲੋਕ ਲੰਮੇ-ਚੌੜੇ ਚੋਲੇ ਪਹਿਨਦੇ ਹਨ (ਇਸ ਦਾ ਕੀਹ ਲਾਭ?) ਜੰਗਲਾਂ ਵਿਚ ਜਾ ਵੱਸਣ ਦਾ ਭੀ ਕੀਹ ਗੁਣ? ਹੇ ਭਾਈ! ਜੇ ਧੂਪ ਆਦਿਕ ਧੁਖਾ ਕੇ ਦੇਵਤਿਆਂ ਦੀ ਪੂਜਾ ਕਰ ਲਈ ਤਾਂ ਭੀ ਕੀਹ ਬਣਿਆ? ਤੇ ਜੇ ਜਾਣ ਬੁਝ ਕੇ (ਕਿਸੇ ਤੀਰਥ ਆਦਿਕ ਦੇ) ਜਲ ਵਿਚ ਸਰੀਰ ਡੋਬ ਲਿਆ ਤਾਂ ਭੀ ਕੀਹ ਹੋਇਆ? ।੧।

ਹੇ ਜੀਵ! ਤੂੰ (ਉਸ) ਮਾਇਆ ਵਿਚ ਲਪਟ ਰਿਹਾ ਹੈਂ (ਜੋ) ਜਿਧਰ ਭੀ ਮੈਂ ਵੇਖਦਾ ਹਾਂ ਮੁੜ (ਪਹਿਲੇ ਰੂਪ ਵਿਚ) ਮੈਂ ਨਹੀਂ ਵੇਖਦਾ (ਭਾਵ, ਜਿਧਰ ਵੇਖਦਾ ਹਾਂ, ਮਾਇਆ ਨਾਸਵੰਤ ਹੀ ਹੈ, ਇਕ ਰੰਗ ਰਹਿਣ ਵਾਲੀ ਨਹੀਂ ਹੈ) । ਹੇ ਅੰਞਾਣ ਜੀਵ! ਇਕ ਪਰਮਾਤਮਾ ਨੂੰ ਖੋਜ । ਨਹੀਂ ਤਾਂ ਮੈਂ ਸਮਝਦਾ ਹਾਂ (ਇਸ ਮਾਇਆ ਦੇ ਨਾਲ) ਤੂੰ ਭੀ ਆਪਣਾ ਆਪ ਅਜਾਈਂ ਗਵਾਉਂਦਾ ਹੈਂ ।੧।ਰਹਾਉ।

ਕੋਈ ਗਿਆਨ-ਚਰਚਾ ਕਰ ਰਿਹਾ ਹੈ, ਕੋਈ ਸਮਾਧੀ ਲਾਈ ਬੈਠਾ ਹੈ, ਕੋਈ ਹੋਰਨਾਂ ਨੂੰ ਉਪਦੇਸ਼ ਕਰ ਰਿਹਾ ਹੈ (ਪਰ ਅਸਲ ਵਿਚ) ਇਹ ਸਾਰਾ ਜਗਤ ਮਾਇਆ ਦਾ ਜੰਜਾਲ ਹੀ ਹੈ (ਭਾਵ, ਮਾਇਆ ਦੇ ਜੰਜਾਲ ਵਿਚ ਹੀ ਇਹ ਜੀਵ ਗ੍ਰੱਸੇ ਪਏ ਹਨ) । ਕਬੀਰ ਆਖਦਾ ਹੈ—ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਇਹ ਜਗਤ ਮਾਇਆ ਵਿਚ ਅੰਨ੍ਹਾ ਹੋਇਆ ਪਿਆ ਹੈ ।੨।੧।੧੬।੬੭।

ਸ਼ਬਦਾ ਦਾ ਭਾਵ:- ਲੰਮੇ ਲੰਮੇ ਚੋਲੇ ਪਾਈ ਫਿਰਨਾ, ਜੰਗਲਾਂ ਵਿਚ ਜਾ ਡੇਰੇ ਲਾਣੇ, ਦੇਵਤਿਆਂ ਦੀ ਪੂਜਾ, ਤੀਰਥਾਂ ਤੇ ਸਰੀਰ ਤਿਆਗਣਾ, ਗਿਆਨ-ਚਰਚਾ ਕਰਨੀ, ਸਮਾਧੀਆਂ ਲਾਣੀਆਂ, ਲੋਕਾਂ ਨੂੰ ਧਰਮ-ਉਪਦੇਸ਼ ਕਰਨੇ—ਇਹ ਸਭ ਮਾਇਆ ਦੇ ਹੀ ਅਡੰਬਰ ਹਨ । ਜੀਵਨ ਦਾ ਸਹੀ ਰਸਤਾ ਇਕੋ ਹੀ ਹੈ; ਉਹ ਹੈ ਪਰਮਾਤਮਾ ਦਾ ਸਿਮਰਨ ।੬੭।

ਗਉੜੀ ੧੨ ॥ ਮਨ ਰੇ ਛਾਡਹੁ ਭਰਮੁ ਪ੍ਰਗਟ ਹੋਇ ਨਾਚਹੁ ਇਆ ਮਾਇਆ ਕੇ ਡਾਂਡੇ ॥ ਸੂਰੁ ਕਿ ਸਨਮੁਖ ਰਨ ਤੇ ਡਰਪੈ ਸਤੀ ਕਿ ਸਾਂਚੈ ਭਾਂਡੇ ॥੧॥ ਡਗਮਗ ਛਾਡਿ ਰੇ ਮਨ ਬਉਰਾ ॥ ਅਬ ਤਉ ਜਰੇ ਮਰੇ ਸਿਧਿ ਪਾਈਐ ਲੀਨੋ ਹਾਥਿ ਸੰਧਉਰਾ ॥੧॥ ਰਹਾਉ ॥ ਕਾਮ ਕ੍ਰੋਧ ਮਾਇਆ ਕੇ ਲੀਨੇ ਇਆ ਬਿਧਿ ਜਗਤੁ ਬਿਗੂਤਾ ॥ ਕਹਿ ਕਬੀਰ ਰਾਜਾ ਰਾਮ ਨ ਛੋਡਉ ਸਗਲ ਊਚ ਤੇ ਊਚਾ ॥੨॥੨॥੧੭॥੬੮॥ {ਪੰਨਾ 338}

ਪਦਅਰਥ:- ਭਰਮੁ—ਭਟਕਣਾ, ਵਿਕਾਰਾਂ ਦੇ ਪਿੱਛੇ ਦੌੜ-ਭੱਜ । ਪ੍ਰਗਟੁ ਹੋਇ—ਪਰਗਟ ਹੋ ਕੇ, ਨਿਡਰ ਹੋ ਕੇ, ਵਿਕਾਰਾਂ ਦਾ ਸਹਿਮ ਦੂਰ ਕਰ ਕੇ । ਨਾਚਹੁ—ਨੱਚ, ਦਲੇਰ ਹੋ ਕੇ ਪ੍ਰਭੂ ਦੀ ਸ਼ਰਨ ਆ । ਡਾਂਡੇ—ਡੰਨ, ਠੱਗੀ । ਸੂਰੁ ਕਿ—ਉਹ ਕਾਹਦਾ ਸੂਰਮਾ? (ਭਾਵ, ਉਹ ਮਨੁੱਖ ਸੂਰਮਾ ਨਹੀਂ) । ਰਨ—ਮੈਦਾਨਿ-ਜੰਗ, ਜੁੱਧ-ਭੂਮੀ । ਸਤੀ ਕਿ—(ਉਹ ਇਸਤ੍ਰੀ) ਕਾਹਦੀ ਸਤੀ? ਸਾਂਚੈ—ਇਕੱਠੇ ਕਰੇ ।੧।

ਡਗਮਗ—ਡੱਕੋ-ਡੋਲੇ, ਜੱਕੋ-ਤੱਕੇ । ਜਰੇ—(ਚਿਖਾ ਵਿਚ) ਸੜਿਆਂ । ਮਰੇ—ਰਣ-ਭੂਮੀ ਵਿਚ ਸ਼ਹੀਦ ਹੋਇਆਂ । ਸਿਧਿ—ਕਾਮਯਾਬੀ, ਸਫਲਤਾ । ਹਾਥਿ—ਹੱਥ ਵਿਚ । ਸੰਧਉਰਾ—ਸੰਧੂਰਿਆ ਹੋਇਆ ਨਲੀਏਰ; {ਜੋ ਇਸਤ੍ਰੀ ਆਪਣੇ ਮਰੇ ਪਤੀ ਦੇ ਨਾਲ ਚਿਖਾ ਤੇ ਸੜਨ ਲਈ (ਸਤੀ ਹੋਣ ਲਈ) ਤਿਆਰ ਹੁੰਦੀ ਸੀ, ਉਹ ਹੱਥ ਵਿਚ ਨਲੀਏਰ ਲੈ ਲੈਂਦੀ ਸੀ ਤੇ ਉਸ

ਨਲੀਏਰ ਨੂੰ ਸੰਧੂਰ ਲਾ ਲੈਂਦੀ ਸੀ; ਇਹ ਸੰਧੂਰਿਆ ਹੋਇਆ ਨਲੀਏਰ ਹੱਥ ਵਿਚ ਲੈ ਕੇ ਉਸ ਨੂੰ ਫਿਰ ਜ਼ਰੂਰ ਸਤੀ ਹੋਣਾ ਪੈਂਦਾ ਸੀ, ਨਹੀਂ ਤਾਂ ਲੋਕ ਬਦੋ-ਬਦੀ ਹੀ ਉਸ ਨੂੰ ਬਲਦੀ ਚਿਖਾ ਵਿਚ ਸੁੱਟ ਕੇ ਸਾੜ ਦੇਂਦੇ ਸਨ} ।੧।ਰਹਾਉ।

ਲੀਨੇ—ਠੱਗੇ ਹੋਏ । ਇਆ ਬਿਧਿ—ਇਹਨਾਂ ਤਰੀਕਿਆਂ ਨਾਲ । ਬਿਗੂਤਾ—ਖ਼ੁਆਰ ਹੋ ਰਿਹਾ ਹੈ । ਨ ਛੋਡਉ—ਮੈਂ ਨਹੀਂ ਛੱਡਾਂਗਾ ।੨।

ਅਰਥ:- ਹੇ ਮਨ! ਵਿਕਾਰਾਂ ਦੇ ਪਿੱਛੇ ਦੌੜ-ਭੱਜ ਛੱਡ ਦੇਹ, ਇਹ (ਕਾਮ, ਕ੍ਰੋਧ ਆਦਿਕ) ਸਭ ਮਾਇਆ ਦੀਆਂ ਠੱਗੀਆਂ ਹਨ (ਜਦ ਤੂੰ ਸਭ ਤੋਂ ਉੱਚੇ ਪ੍ਰਭੂ ਦੀ ਸ਼ਰਨ ਆ ਗਿਆ, ਹੁਣ ਇਹਨਾਂ ਤੋਂ ਕਿਉਂ ਡਰੇਂ? ਹੁਣ ਨਿਡਰ ਹੋ ਕੇ ਉਤਸ਼ਾਹ ਵਿਚ ਰਹੁ) । ਉਹ ਸੂਰਮਾ ਕਾਹਦਾ ਜੋ ਸਾਹਮਣੇ ਦਿੱਸਦੀ ਰਣ-ਭੂਮੀ ਤੋਂ ਡਰ ਜਾਏ? ਉਹ ਇਸਤ੍ਰੀ ਸਤੀ ਨਹੀਂ ਹੋ ਸਕਦੀ ਜੋ (ਘਰ ਦੇ) ਭਾਂਡੇ ਸਾਂਭਣ ਲੱਗ ਪਏ (ਸੂਰਮੇ ਵਾਂਗ ਤੇ ਸਤੀ ਵਾਂਗ, ਹੇ ਮਨ! ਤੂੰ ਭੀ ਕਾਮਾਦਿਕਾਂ ਦਾ ਟਾਕਰਾ ਕਰਨਾ ਹੈ ਤੇ ਆਪਾ-ਭਾਵ ਸਾੜਨਾ ਹੈ) ।੧।

ਹੇ ਕਮਲੇ ਮਨ! (ਸਭ ਤੋਂ ਉੱਚੇ ਮਾਲਕ ਦੀ ਸ਼ਰਨ ਆ ਕੇ ਹੁਣ) ਜੱਕੋ-ਤੱਕੇ ਛੱਡ ਦੇਹ । (ਜਿਸ ਇਸਤ੍ਰੀ ਨੇ) ਹੱਥ ਵਿਚ ਸੰਧੂਰਿਆ ਹੋਇਆ ਨਲੀਏਰ ਲੈ ਗਿਆ, ਉਸ ਨੂੰ ਤਾਂ ਹੁਣ ਸੜ ਕੇ ਮਰਿਆਂ ਹੀ ਸਿੱਧੀ (ਭਾਵ, ਸਤੀ ਵਾਲਾ ਮਰਾਤਬਾ) ਮਿਲੇਗਾ, ਤਿਵੇਂ, ਹੇ ਮਨ! ਤੂੰ ਪ੍ਰਭੂ ਦੀ ਓਟ ਲਈ ਹੈ, ਹੁਣ ਕਾਮਾਦਿਕਾਂ ਦੇ ਸਾਹਮਣੇ ਡੋਲਣਾ ਛੱਡ ਦੇਹ, ਹੁਣ ਤਾਂ ਆਪਾ-ਭਾਵ ਮਾਰਿਆਂ ਹੀ ਇਹ ਪ੍ਰੀਤ ਨਿਭੇਗੀ) ।੧।ਰਹਾਉ।

ਕਿਸੇ ਨੂੰ ਕਾਮ ਨੇ ਠੱਗ ਲਿਆ ਹੈ, ਕਿਸੇ ਨੂੰ ਕ੍ਰੋਧ ਨੇ ਠੱਗਿਆ ਹੈ, ਕਿਸੇ ਨੂੰ ਮਾਇਆ (ਦੇ ਕਿਸੇ ਹੋਰ ਤਰੰਗ) ਨੇ—ਇਸੇ ਤਰ੍ਹਾਂ ਸਾਰਾ ਜਗਤ ਖ਼ੁਆਰ ਹੋ ਰਿਹਾ ਹੈ । (ਇਹਨਾਂ ਤੋਂ ਬਚਣ ਲਈ) ਕਬੀਰ (ਤਾਂ ਇਹੀ) ਆਖਦਾ ਹੈ (ਭਾਵ, ਅਰਦਾਸ ਕਰਦਾ ਹੈ) ਕਿ ਮੈਂ ਸਭ ਤੋਂ ਉੱਚੇ ਮਾਲਕ ਪਰਮਾਤਮਾ ਨੂੰ ਨਾਹ ਵਿਸਾਰਾਂ ।੨।੨।੧੭।੬੮।

ਸ਼ਬਦ ਦਾ ਭਾਵ:- ਜਿਸ ਮਨੁੱਖ ਨੇ ਪਰਮਾਤਮਾ ਦੇ ਸਿਮਰਨ ਦਾ ਰਾਹ ਫੜਿਆ ਹੈ, ਉਹ, ਮਾਨੋ, ਕਿਸੇ ਸੂਰਮੇ ਜਾਂ ਸਤੀ ਦੇ ਪੂਰਨਿਆਂ ਉੱਤੇ ਤੁਰਨ ਲੱਗਾ ਹੈ, ਉਸ ਨੇ ਨਿਡਰ ਹੋ ਕੇ ਕਾਮਾਦਿਕਾਂ ਦਾ ਟਾਕਰਾ ਕਰਨਾ ਹੈ ਤੇ ਹਉਮੈ ਦਾ ਨਾਸ ਕਰਨਾ ਹੈ ।੬੮।

ਗਉੜੀ ੧੩ ॥ ਫੁਰਮਾਨੁ ਤੇਰਾ ਸਿਰੈ ਊਪਰਿ ਫਿਰਿ ਨ ਕਰਤ ਬੀਚਾਰ ॥ ਤੁਹੀ ਦਰੀਆ ਤੁਹੀ ਕਰੀਆ ਤੁਝੈ ਤੇ ਨਿਸਤਾਰ ॥੧॥ ਬੰਦੇ ਬੰਦਗੀ ਇਕਤੀਆਰ ॥ ਸਾਹਿਬੁ ਰੋਸੁ ਧਰਉ ਕਿ ਪਿਆਰੁ ॥੧॥ ਰਹਾਉ ॥ ਨਾਮੁ ਤੇਰਾ ਆਧਾਰੁ ਮੇਰਾ ਜਿਉ ਫੂਲੁ ਜਈ ਹੈ ਨਾਰਿ ॥ ਕਹਿ ਕਬੀਰ ਗੁਲਾਮੁ ਘਰ ਕਾ ਜੀਆਇ ਭਾਵੈ ਮਾਰਿ ॥੨॥੧੮॥੬੯॥ {ਪੰਨਾ 338}

ਪਦਅਰਥ:- ੧੩—'ਘਰ' ਤੇਰ੍ਹਵਾਂ ।

ਫੁਰਮਾਨੁ—ਹੁਕਮ । ਸਿਰੈ ਊਪਰਿ—ਸਿਰ ਉੱਤੇ ਹੀ, ਸਦਾ ਸਿਰ-ਮੱਥੇ ਤੇ । ਫਿਰਿ—ਫਿਰ ਕੇ, ਉਲਟ ਕੇ, ਉਸ ਦੇ ਉਲਟ । ਦਰੀਆ—(ਭਾਵ,) ਸੰਸਾਰ-ਸਮੁੰਦਰ । ਕਰੀਆ—ਮਲਾਹ । ਤੁਝੈ ਤੇ—ਤੈਥੋਂ ਹੀ । ਨਿਸਤਾਰ—ਪਾਰ-ਉਤਾਰਾ, ਸੰਸਾਰ-ਸਮੁੰਦਰ ਦੀਆਂ ਵਿਕਾਰ-ਲਹਿਰਾਂ ਤੋਂ ਬਚਾਅ ।੧।

ਬੰਦੇ—ਹੇ ਬੰਦੇ! ਇਕਤੀਆਰ—ਇਖ਼ਤਿਆਰ ਕਰ, ਕਬੂਲ ਕਰ । ਧਰਉ—{ਵਿਆਕਰਣ ਅਨੁਸਾਰ ਇਹ ਲਫ਼ਜ਼ "ਹੁਕਮੀ ਭਵਿਖਤ" Imperative mood, ਅੰਨ ਪੁਰਖ, ਇਕ-ਵਚਨ ਹੈ; ਵੇਖੋ 'ਗੁਰਬਾਣੀ ਵਿਆਕਰਣ' ਦਾ ਅੰਕ "ਹੁਕਮੀ ਭਵਿਖਤ"} ਭਾਵੇਂ ਧਰੇ, ਬੇਸ਼ੱਕ ਧਰੇ । ਕਿ—ਜਾਂ । ਰੋਸੁ—ਗੁੱਸਾ ।੧।ਰਹਾਉ।

ਆਧਾਰੁ—ਆਸਰਾ । ਜਈ ਹੈ—ਜੀਊ ਪੈਂਦਾ ਹੈ, ਖਿੜ ਪੈਂਦਾ ਹੈ । ਨਾਰਿ—ਨਾਰ ਵਿਚ, ਪਾਣੀ ਵਿਚ {ਸੰ: Awpo nwrw hiq pio#qw । ਲਫ਼ਜ਼ "ਨਰਾਇਣ" ਸੰ: nwrwXn ਭੀ ਲਫ਼ਜ਼ 'ਨਾਰ' ਅਤੇ 'ਅਯਨ' ਤੋਂ

ਬਣਿਆ ਹੈ; ਨਾਰ—ਜਲ; ਅਯਨ—ਘਰ; ਜਿਸ ਦਾ ਘਰ ਜਲ ਵਿਚ ਹੈ} । ਜੀਆਇ—ਜਿਵਾਲ, ਜ਼ਿੰਦਾ ਰੱਖ । ਭਾਵੈ—ਭਾਵੇਂ, ਚਾਹੇ ।

ਨੋਟ:- "ਫੂਲੁ ਜਈ ਹੈ" ਦਾ ਇਕੱਠਾ ਅਰਥ "ਫੁੱਲ ਜਾਂਦੀ ਹੈ" ਗ਼ਲਤ ਹੈ, ਕਿਉਂਕਿ ਲਫ਼ਜ਼ "ਫੂਲੁ" ਵਿਆਕਰਣ ਅਨੁਸਾਰ 'ਨਾਂਵ' (Noun) ਹੈ, ਕ੍ਰਿਆ (Verb) ਨਹੀਂ ।੨।

ਅਰਥ:- (ਹੇ ਪ੍ਰਭੂ!) ਤੇਰਾ ਹੁਕਮ ਮੇਰੇ ਸਿਰ-ਮੱਥੇ ਤੇ ਹੈ, ਮੈਂ ਇਸ ਵਿਚ ਕੋਈ ਨਾਂਹ-ਨੁੱਕਰ ਨਹੀਂ ਕਰਦਾ । ਇਹ ਸੰਸਾਰ-ਸਮੁੰਦਰ ਤੂੰ ਆਪ ਹੀ ਹੈਂ, (ਇਸ ਵਿਚੋਂ ਪਾਰ ਲੰਘਾਉਣ ਵਾਲਾ) ਮਲਾਹ ਭੀ ਤੂੰ ਆਪ ਹੈਂ । ਤੇਰੀ ਮਿਹਰ ਨਾਲ ਹੀ ਮੈਂ ਇਸ ਵਿਚੋਂ ਪਾਰ ਲੰਘ ਸਕਦਾ ਹਾਂ ।੧।

ਹੇ ਬੰਦੇ! ਤੂੰ (ਪ੍ਰਭੂ ਦੀ) ਭਗਤੀ ਕਬੂਲ ਕਰ, (ਪ੍ਰਭੂ-) ਮਾਲਕ ਚਾਹੇ (ਤੇਰੇ ਨਾਲ) ਪਿਆਰ ਕਰੇ ਚਾਹੇ ਗੁੱਸਾ ਕਰੇ (ਤੂੰ ਇਸ ਗੱਲ ਦੀ ਪਰਵਾਹ ਨਾਹ ਕਰ) ।੧।ਰਹਾਉ।

(ਹੇ ਪ੍ਰਭੂ!) ਤੇਰਾ ਨਾਮ ਮੇਰਾ ਆਸਰਾ ਹੈ (ਇਸ ਤਰ੍ਹਾਂ) ਜਿਵੇਂ ਫੁੱਲ ਪਾਣੀ ਵਿਚ ਖਿੜਿਆ ਰਹਿੰਦਾ ਹੈ (ਭਾਵ, ਜਿਵੇਂ ਫੁੱਲ ਨੂੰ ਪਾਣੀ ਆਸਰਾ ਹੈ) । ਕਬੀਰ ਆਖਦਾ ਹੈ—(ਹੇ ਪ੍ਰਭੂ!) ਮੈਂ ਤੇਰੇ ਘਰ ਦਾ ਚਾਕਰ ਹਾਂ, (ਇਹ ਤੇਰੀ ਮਰਜ਼ੀ ਹੈ) ਚਾਹੇ ਜੀਊਂਦਾ ਰੱਖ ਚਾਹੇ ਮਾਰ ਦੇਹ ।੨।੧੮।੬੯।

ਸ਼ਬਦ ਦਾ ਭਾਵ:- ਅਸਲ ਸੇਵਕ ਆਪਣੇ ਪ੍ਰਭੂ ਦੀ ਰਜ਼ਾ ਵਿਚ ਪੂਰਨ ਤੌਰ ਤੇ ਰਾਜ਼ੀ ਰਹਿੰਦਾ ਹੈ । ਜਿਵੇਂ ਪਾਣੀ ਫੁੱਲ ਦੀ ਜ਼ਿੰਦਗੀ ਦਾ ਆਸਰਾ ਹੈ, ਤਿਵੇਂ ਪ੍ਰਭੂ ਦਾ ਨਾਮ ਸੇਵਕ ਦੇ ਜੀਵਨ ਦਾ ਆਧਾਰ ਹੈ । ਦੁੱਖ ਅਤੇ ਸੁਖ ਦੋਵੇਂ ਹੀ ਉਸ ਨੂੰ ਪ੍ਰਭੂ ਦੀ ਮਿਹਰ ਹੀ ਦਿੱਸਦੇ ਹਨ "ਭਾਵੈ ਧੀਰਕ ਭਾਵੈ ਧਕੇ ਏਕ ਵਡਾਈ ਦੇਇ" ।੬੯।

ਗਉੜੀ॰ ॥ ਲਖ ਚਉਰਾਸੀਹ ਜੀਅ ਜੋਨਿ ਮਹਿ ਭ੍ਰਮਤ ਨੰਦੁ ਬਹੁ ਥਾਕੋ ਰੇ ॥ ਭਗਤਿ ਹੇਤਿ ਅਵਤਾਰੁ ਲੀਓ ਹੈ ਭਾਗੁ ਬਡੋ ਬਪੁਰਾ ਕੋ ਰੇ ॥੧॥ ਤੁਮ੍ ਜੁ ਕਹਤ ਹਉ ਨੰਦ ਕੋ ਨੰਦਨੁ ਨੰਦ ਸੁ ਨੰਦਨੁ ਕਾ ਕੋ ਰੇ ॥ ਧਰਨਿ ਅਕਾਸੁ ਦਸੋ ਦਿਸ ਨਾਹੀ ਤਬ ਇਹੁ ਨੰਦੁ ਕਹਾ ਥੋ ਰੇ ॥੧॥ ਰਹਾਉ ॥ ਸੰਕਟਿ ਨਹੀ ਪਰੈ ਜੋਨਿ ਨਹੀ ਆਵੈ ਨਾਮੁ ਨਿਰੰਜਨ ਜਾ ਕੋ ਰੇ ॥ ਕਬੀਰ ਕੋ ਸੁਆਮੀ ਐਸੋ ਠਾਕੁਰੁ ਜਾ ਕੈ ਮਾਈ ਨ ਬਾਪੋ ਰੇ ॥੨॥੧੯॥੭੦॥ {ਪੰਨਾ 338-339}

ਪਦਅਰਥ:- ਨੋਟ:- ਲਫ਼ਜ਼ 'ਗਉੜੀ' ਦੇ ਹੇਠ ਛੋਟਾ ਅੰਕ ੫ ਦੱਸਦਾ ਹੈ ਕਿ ਇਸ ਸ਼ਬਦ ਸਮੇਤ ਅਗਾਂਹ ਕਬੀਰ ਜੀ ਦੇ ਪੰਜ ਸ਼ਬਦ ਹਨ ।

ਜੀਅ ਜੋਨਿ ਮਹਿ—ਜੀਵਾਂ ਦੀਆਂ ਜੂਨਾਂ ਵਿਚ । ਭ੍ਰਮਤ—ਭਟਕਦਾ । ਰੇ—ਹੇ ਭਾਈ! ਭਗਤਿ ਹੇਤਿ—ਭਗਤੀ ਦੀ ਖ਼ਾਤਰ, ਉਸ ਦੀ ਭਗਤੀ ਤੇ ਤ੍ਰੁੱਠ ਕੇ । ਅਵਤਾਰੁ—ਜਨਮ । ਬਪੁਰਾ ਕੋ—ਵਿਚਾਰੇ ਦਾ ।

ਜੁ—ਜਿਹੜੀ ਇਹ ਗੱਲ । ਨੰਦਨੁ—ਪੁੱਤਰ । ਨੰਦ—ਇਹ ਗੋਕਲ ਦਾ ਇਕ ਗੁਆਲਾ ਸੀ, ਇਸ ਦੀ ਇਸਤ੍ਰੀ ਦਾ ਨਾਮ ਜਸ਼ੋਧਾ ਸੀ । ਜਦੋਂ ਕੰਸ ਆਪਣੀ ਭੈਣ ਦੇਵਕੀ ਦੇ ਘਰ ਨਵੇਂ ਜਨਮੇ ਬਾਲ-ਕ੍ਰਿਸ਼ਨ ਜੀ ਨੂੰ ਮਾਰਨਾ ਚਾਹੁੰਦਾ ਸੀ ਤਾਂ ਇਹਨਾਂ ਦੇ ਪਿਤਾ ਵਸੁਦੇਵ ਨੇ ਇਹਨਾਂ ਨੂੰ ਮਥਰਾ ਤੋਂ ਰਾਤੋ ਰਾਤ ਲੈ ਜਾ ਕੇ ਨੰਦ ਦੇ ਹਵਾਲੇ ਕੀਤਾ ਸੀ । ਨੰਦ ਤੇ ਜਸ਼ੋਧਾਂ ਨੇ ਕ੍ਰਿਸ਼ਨ ਜੀ ਨੂੰ ਪਾਲਿਆ ਸੀ ।

ਸੁ—ਉਹ । ਕਾ ਕੋ—ਕਿਸ ਦਾ? ਧਰਨਿ—ਧਰਤੀ । ਦਸੋ ਦਿਸ—ਦਸੇ ਪਾਸੇ, (ਭਾਵ, ਇਹ ਸਾਰਾ ਜਗਤ) ।੧।ਰਹਾਉ।

ਸੰਕਟਿ—ਸੰਕਟ ਵਿਚ, ਦੁੱਖ ਵਿਚ । ਨਿਰੰਜਨ—ਅੰਜਨ-ਰਹਿਤ, ਮਾਇਆ ਦੇ ਪ੍ਰਭਾਵ ਤੋਂ ਉਤਾਂਹ ।੨।

ਅਰਥ:- ਹੇ ਭਾਈ! (ਤੁਸੀ ਆਖਦੇ ਹੋ ਕਿ ਜਦੋਂ) ਚੌਰਾਸੀ ਲੱਖ ਜੀਵਾਂ ਦੀਆਂ ਜੂਨਾਂ ਵਿਚ ਭਟਕ ਭਟਕ ਕੇ ਨੰਦ ਬਹੁਤ ਥੱਕ ਗਿਆ (ਤੇ ਉਸ ਨੂੰ ਮਨੁੱਖਾ ਜਨਮ ਮਿਲਿਆ ਤਾਂ ਉਸ ਨੇ ਪਰਮਾਤਮਾ ਦੀ ਭਗਤੀ ਕੀਤੀ), ਉਸ ਦੀ ਭਗਤੀ ਤੇ ਪ੍ਰਸੰਨ ਹੋ ਕੇ (ਪਰਮਾਤਮਾ ਨੇ ਉਸ ਦੇ ਘਰ) ਜਨਮ ਲਿਆ, ਉਸ ਵਿਚਾਰੇ ਨੰਦ ਦੀ ਬੜੀ ਕਿਸਮਤ ਜਾਗੀ ।੧।

ਪਰ, ਹੇ ਭਾਈ! ਤੁਸੀ ਜੋ ਇਹ ਆਖਦੇ ਹੋ ਕਿ (ਪਰਮਾਤਮਾ ਨੰਦ ਦੇ ਘਰ ਅਵਤਾਰ ਲੈ ਕੇ) ਨੰਦ ਦਾ ਪੁੱਤਰ ਬਣਿਆ, (ਇਹ ਦੱਸੋ ਕਿ) ਉਹ ਨੰਦ ਕਿਸ ਦਾ ਪੁੱਤਰ ਸੀ? ਤੇ ਜਦੋਂ ਨਾਹ ਇਹ ਧਰਤੀ ਅਤੇ ਨਾਹ ਅਕਾਸ਼ ਸੀ, ਤਦੋਂ ਇਹ ਨੰਦ (ਜਿਸ ਨੂੰ ਤੁਸੀ ਪਰਮਾਤਮਾ ਦਾ ਪਿਓ ਆਖ ਰਹੇ ਹੋ) ਕਿਥੇ ਸੀ ।੧।ਰਹਾਉ।

ਹੇ ਭਾਈ! (ਅਸਲ ਗੱਲ ਇਹ ਹੈ ਕਿ ਜਿਸ ਪ੍ਰਭੂ) ਦਾ ਨਾਮ ਹੈ ਨਿਰੰਜਨ (ਭਾਵ, ਜੋ ਪ੍ਰਭੂ ਕਦੇ ਮਾਇਆ ਦੇ ਅਸਰ ਹੇਠ ਨਹੀਂ ਆ ਸਕਦਾ), ਉਹ ਜੂਨ ਵਿਚ ਨਹੀਂ ਆਉਂਦਾ, ਉਹ (ਜੰਮਣ ਮਰਨ ਦੇ) ਦੁੱਖ ਵਿਚ ਨਹੀਂ ਪੈਂਦਾ । ਕਬੀਰ ਦਾ ਸੁਆਮੀ (ਸਾਰੇ ਜਗਤ ਦਾ) ਪਾਲਣਹਾਰ ਐਸਾ ਹੈ ਜਿਸ ਦੀ ਨਾ ਕੋਈ ਮਾਂ ਹੈ, ਤੇ ਨਾ ਪਿਓ ।੨।੧੯।੭੦।

ਸ਼ਬਦ ਦਾ ਭਾਵ:- ਪਰਮਾਤਮਾ ਆਪ ਸਾਰੇ ਜਗਤ ਨੂੰ ਰਚਨ ਵਾਲਾ ਹੈ । ਮਾਇਆ ਦੇ ਖੇਲ ਨੂੰ ਉਹ ਆਪ ਹੀ ਬਣਾਉਣ ਵਾਲਾ ਹੈ; ਉਹ ਜਨਮ ਮਰਨ ਵਿਚ ਨਹੀਂ ਆਉਂਦਾ, ਉਸ ਦਾ ਕੋਈ ਮਾਂ-ਪਿਉ ਨਹੀਂ ਹੈ । ਗੋਕਲ ਦੇ ਗੁਆਲੇ ਨੰਦ ਨੂੰ ਪਰਮਾਤਮਾ ਦਾ ਪਿਉ ਆਖਣਾ ਵੱਡੀ ਭੁੱਲ ਹੈ ।੭੦।

ਗਉੜੀ ॥ ਨਿੰਦਉ ਨਿੰਦਉ ਮੋ ਕਉ ਲੋਗੁ ਨਿੰਦਉ ॥ ਨਿੰਦਾ ਜਨ ਕਉ ਖਰੀ ਪਿਆਰੀ ॥ ਨਿੰਦਾ ਬਾਪੁ ਨਿੰਦਾ ਮਹਤਾਰੀ ॥੧॥ ਰਹਾਉ ॥ ਨਿੰਦਾ ਹੋਇ ਤ ਬੈਕੁੰਠਿ ਜਾਈਐ ॥ ਨਾਮੁ ਪਦਾਰਥੁ ਮਨਹਿ ਬਸਾਈਐ ॥ ਰਿਦੈ ਸੁਧ ਜਉ ਨਿੰਦਾ ਹੋਇ ॥ ਹਮਰੇ ਕਪਰੇ ਨਿੰਦਕੁ ਧੋਇ ॥੧॥ ਨਿੰਦਾ ਕਰੈ ਸੁ ਹਮਰਾ ਮੀਤੁ ॥ ਨਿੰਦਕ ਮਾਹਿ ਹਮਾਰਾ ਚੀਤੁ ॥ ਨਿੰਦਕੁ ਸੋ ਜੋ ਨਿੰਦਾ ਹੋਰੈ ॥ ਹਮਰਾ ਜੀਵਨੁ ਨਿੰਦਕੁ ਲੋਰੈ ॥੨॥ ਨਿੰਦਾ ਹਮਰੀ ਪ੍ਰੇਮ ਪਿਆਰੁ ॥ ਨਿੰਦਾ ਹਮਰਾ ਕਰੈ ਉਧਾਰੁ ॥ ਜਨ ਕਬੀਰ ਕਉ ਨਿੰਦਾ ਸਾਰੁ ॥ ਨਿੰਦਕੁ ਡੂਬਾ ਹਮ ਉਤਰੇ ਪਾਰਿ ॥੩॥੨੦॥੭੧॥ {ਪੰਨਾ 339}

ਪਦਅਰਥ:- ਨਿੰਦਉ—{ਹੁਕਮੀ ਭਵਿੱਖਤ, Imperative mood, ਅੱਨ ਪੁਰਖ, ਇਕ-ਵਚਨ} । ਲੋਗੁ ਨਿੰਦਉ—ਬੇਸ਼ੱਕ ਜਗਤ ਨਿੰਦਿਆ ਕਰੇ । ਮੋ ਕਉ—ਮੈਨੂੰ । ਜਨ ਕਉ—ਪ੍ਰਭੂ ਦੇ ਸੇਵਕ ਨੂੰ । ਖਰੀ—ਬਹੁਤ । ਮਹਤਾਰੀ—ਮਾਂ ।੧।ਰਹਾਉ।

ਬੈਕੁੰਠਿ—ਬੈਕੁੰਠ ਵਿਚ । ਮਨਹਿ—ਮਨ ਵਿਚ । ਬਸਾਈਐ—ਵਸਾਇਆ ਜਾ ਸਕਦਾ ਹੈ । ਰਿਦੈ ਸੁਧ—ਪਵਿੱਤਰ ਹਿਰਦਾ ਹੁੰਦਿਆਂ । ਜਉ—ਜੇ । ਕਪਰੇ ਧੋਇ—ਕੱਪੜੇ ਧੋਂਦਾ ਹੈ, ਮਨ ਦੀ ਵਿਕਾਰਾਂ ਦੀ ਮੈਲ ਦੂਰ ਕਰਦਾ ਹੈ ।੧।

ਮਾਹਿ—ਵਿਚ । ਹੋਰੈ—ਰੋਕਦਾ ਹੈ । ਲੋਰੈ—ਚਾਹੁੰਦਾ ਹੈ । ਨਿੰਦਕੁ—ਮੰਦਾ ਚਿਤਵਣ ਵਾਲਾ ।੨।

ਉਧਾਰੁ—ਬਚਾਅ । ਸਾਰੁ—ਸ੍ਰੇਸ਼ਟ ਧਨ ।੩।

ਅਰਥ:- ਜਗਤ ਬੇਸ਼ੱਕ ਮੇਰੀ ਨਿੰਦਾ ਕਰੇ, ਬੇਸ਼ੱਕ ਮੇਰੇ ਔਗੁਣ ਭੰਡੇ; ਪ੍ਰਭੂ ਦੇ ਸੇਵਕ ਨੂੰ ਆਪਣੀ ਨਿੰਦਿਆ ਹੁੰਦੀ

ਚੰਗੀ ਲੱਗਦੀ ਹੈ, ਕਿਉਂਕਿ ਨਿੰਦਿਆ ਸੇਵਕ ਦਾ ਮਾਂ ਪਿਉ ਹੈ (ਭਾਵ, ਜਿਵੇਂ ਮਾਪੇ ਆਪਣੇ ਬਾਲ ਵਿਚ ਸ਼ੁਭ ਗੁਣ ਵਧਦੇ ਵੇਖਣਾ ਲੋੜਦੇ ਹਨ, ਤਿਵੇਂ ਨਿੰਦਿਆ ਭੀ ਔਗੁਣ ਨਸ਼ਰ ਕਰ ਕੇ ਭਲੇ ਗੁਣਾਂ ਲਈ ਸਹਾਇਤਾ ਕਰਦੀ ਹੈ) ।੧।ਰਹਾਉ।

ਜੇ ਲੋਕ ਔਗੁਣ ਨਸ਼ਰ ਕਰਨ ਤਾਂ ਹੀ ਬੈਕੁੰਠ ਵਿਚ ਜਾ ਸਕੀਦਾ ਹੈ (ਕਿਉਂਕਿ ਇਸ ਤਰ੍ਹਾਂ ਆਪਣੇ ਔਗੁਣ ਛੱਡ ਕੇ) ਪ੍ਰਭੂ ਦਾ ਨਾਮ-ਰੂਪ ਧਨ ਮਨ ਵਿਚ ਵਸਾ ਸਕੀਦਾ ਹੈ । ਜੇ ਹਿਰਦਾ ਸੁੱਧ ਹੁੰਦਿਆਂ ਸਾਡੀ ਨਿੰਦਿਆ ਹੋਵੇ (ਭਾਵ, ਜੇ ਸੁੱਧ ਭਾਵਨਾ ਨਾਲ ਅਸੀ ਆਪਣੇ ਔਗੁਣ ਨਸ਼ਰ ਹੁੰਦੇ ਸੁਣੀਏ) ਤਾਂ ਨਿੰਦਕ ਸਾਡੇ ਮਨ ਨੂੰ ਪਵਿੱਤਰ ਕਰਨ ਵਿਚ ਸਹਾਇਤਾ ਕਰਦਾ ਹੈ ।੧।

(ਤਾਂ ਤੇ) ਜੋ ਮਨੁੱਖ ਸਾਨੂੰ ਭੰਡਦਾ ਹੈ, ਉਹ ਸਾਡਾ ਮਿੱਤਰ ਹੈ, ਕਿਉਂਕਿ ਸਾਡੀ ਸੁਰਤ ਆਪਣੇ ਨਿੰਦਕ ਵਿਚ ਰਹਿੰਦੀ ਹੈ (ਭਾਵ, ਅਸੀ ਆਪਣੇ ਨਿੰਦਕ ਦੀ ਗੱਲ ਬੜੇ ਧਿਆਨ ਨਾਲ ਸੁਣਦੇ ਹਾਂ) । (ਅਸਲ ਵਿਚ) ਸਾਡਾ ਮੰਦਾ ਚਿਤਵਣ ਵਾਲਾ ਮਨੁੱਖ ਉਹ ਹੈ, ਜੋ ਸਾਡੇ ਐਬ ਨਸ਼ਰ ਹੋਣੋਂ ਰੋਕਦਾ ਹੈ । ਨਿੰਦਕ ਤਾਂ ਸਗੋਂ ਇਹ ਚਾਹੁੰਦਾ ਹੈ ਕਿ ਸਾਡਾ ਜੀਵਨ ਚੰਗਾ ਬਣੇ ।੨।

ਜਿਉਂ ਜਿਉਂ ਸਾਡੀ ਨਿੰਦਿਆ ਹੁੰਦੀ ਹੈ, ਤਿਉਂ ਤਿਉਂ ਸਾਡੇ ਅੰਦਰ ਪ੍ਰਭੂ ਦਾ ਪ੍ਰੇਮ-ਪਿਆਰ ਪੈਦਾ ਹੁੰਦਾ ਹੈ, ਕਿਉਂਕਿ ਸਾਡੀ ਨਿੰਦਿਆ ਸਾਨੂੰ ਔਗੁਣਾਂ ਵਲੋਂ ਬਚਾਉਂਦੀ ਹੈ ।

ਸੋ, ਦਾਸ ਕਬੀਰ ਲਈ ਤਾਂ ਉਸ ਦੇ ਔਗੁਣਾਂ ਦਾ ਨਸ਼ਰ ਹੋਣਾ ਸਭ ਤੋਂ ਵਧੀਆ ਗੱਲ ਹੈ । ਪਰ (ਵਿਚਾਰਾ) ਨਿੰਦਕ (ਸਦਾ ਦੂਜਿਆਂ ਦੇ ਔਗੁਣਾਂ ਦੀਆਂ ਗੱਲਾਂ ਕਰ ਕਰ ਕੇ ਆਪ ਉਹਨਾਂ ਔਗੁਣਾਂ ਵਿਚ) ਡੁੱਬ ਜਾਂਦਾ ਹੈ, ਤੇ ਅਸੀ (ਆਪਣੇ ਔਗੁਣਾਂ ਦੀ ਚੇਤਾਵਨੀ ਨਾਲ ਉਹਨਾਂ ਤੋਂ) ਬਚ ਨਿਕਲਦੇ ਹਾਂ ।੩।੨੦।੭੧।

ਸ਼ਬਦ ਦਾ ਭਾਵ:- ਜੇ ਕੋਈ ਮਨੁੱਖ ਠੰਢੇ ਜਿਗਰੇ ਆਪਣੇ ਐਬ ਨਸ਼ਰ ਹੁੰਦੇ ਸੁਣੇ, ਤਾਂ ਉਹ ਸਗੋਂ ਇਸ ਤਰ੍ਹਾਂ ਆਪਣੇ ਅੰਦਰੋਂ ਉਹ ਐਬ ਦੂਰ ਕਰ ਸਕਦਾ ਹੈ, ਤੇ ਆਪਣਾ ਜੀਵਨ ਪਵਿੱਤਰ ਬਣਾ ਸਕਦਾ ਹੈ । ਪਰ, ਦੂਜਿਆਂ ਦੇ ਐਬ ਫਰੋਲਣ ਵਾਲਾ ਆਪਣੇ ਅੰਦਰ ਕਦੇ ਝਾਤੀ ਨਾਹ ਮਾਰਨ ਕਰਕੇ ਆਪ ਹੀ ਉਹਨਾਂ ਐਬਾਂ ਵਿਚ ਡੁੱਬ ਜਾਂਦਾ ਹੈ । ਸੋ, ਪਰਮਾਤਮਾ ਦੀ ਬੰਦਗੀ ਵਾਲੇ ਬੰਦੇ ਆਪਣੀ ਨਿੰਦਿਆ ਤੋਂ ਘਾਬਰਦੇ ਨਹੀਂ ਹਨ ।੭੧।

ਰਾਜਾ ਰਾਮ ਤੂੰ ਐਸਾ ਨਿਰਭਉ ਤਰਨ ਤਾਰਨ ਰਾਮ ਰਾਇਆ ॥੧॥ ਰਹਾਉ ॥ ਜਬ ਹਮ ਹੋਤੇ ਤਬ ਤੁਮ ਨਾਹੀ ਅਬ ਤੁਮ ਹਹੁ ਹਮ ਨਾਹੀ ॥ ਅਬ ਹਮ ਤੁਮ ਏਕ ਭਏ ਹਹਿ ਏਕੈ ਦੇਖਤ ਮਨੁ ਪਤੀਆਹੀ ॥੧॥ ਜਬ ਬੁਧਿ ਹੋਤੀ ਤਬ ਬਲੁ ਕੈਸਾ ਅਬ ਬੁਧਿ ਬਲੁ ਨ ਖਟਾਈ ॥ ਕਹਿ ਕਬੀਰ ਬੁਧਿ ਹਰਿ ਲਈ ਮੇਰੀ ਬੁਧਿ ਬਦਲੀ ਸਿਧਿ ਪਾਈ ॥੨॥੨੧॥੭੨॥ {ਪੰਨਾ 339}

ਪਦਅਰਥ:- ਰਾਜਾ ਰਾਮ—ਹੇ ਸਭ ਦੇ ਮਾਲਕ ਪ੍ਰਭੂ! ਐਸਾ—ਇਹੋ ਜਿਹੇ ਸੁਭਾਵ ਵਾਲਾ, ਅਨੋਖਾ ਜਿਹਾ । ਤਰਨ—ਬੇੜੀ, ਜਹਾਜ਼ । ਤਰਨ ਤਾਰਨ—ਸਭ ਜੀਵਾਂ ਨੂੰ ਤਾਰਨ ਲਈ ਜਹਾਜ਼ ।੧।ਰਹਾਉ।

ਪਤੀਆਹੀ—ਪਤੀਜ ਗਿਆ ਹੈ, ਮੰਨ ਗਿਆ ਹੈ ਕਿ ਤੂੰ ਹੀ ਤੂੰ ਹੈਂ ਅਸੀ ਤੈਥੋਂ ਵੱਖਰੇ ਕੁਝ ਭੀ ਨਹੀਂ ਹਾਂ ।੧।

ਬਲੁ ਕੈਸਾ—ਕੇਹਾ ਬਲ ਹੋ ਸਕਦਾ ਸੀ? (ਭਾਵ, ਸਾਡੇ ਅੰਦਰ ਆਤਮਕ ਬਲ ਨਹੀਂ ਸੀ) । ਨ ਖਟਾਈ—ਸਮਾਈ ਨਹੀਂ ਹੈ । ਹਰਿ ਲਈ—ਖੋਹ ਲਈ ਹੈ ।੨।

ਅਰਥ:- ਹੇ ਸਭ ਦੇ ਮਾਲਕ ਪ੍ਰਭੂ! ਹੇ ਸਭ ਜੀਵਾਂ ਨੂੰ ਤਾਰਨ ਲਈ ਸਮਰੱਥ ਰਾਮ! ਹੇ ਸਭ ਵਿਚ ਵਿਆਪਕ

ਪ੍ਰਭੂ! ਤੂੰ ਕਿਸੇ ਤੋਂ ਡਰਦਾ ਨਹੀਂ ਹੈਂ; ਤੇਰਾ ਸੁਭਾਵ ਕੁਝ ਅਨੋਖਾ ਹੈ ।੧।ਰਹਾਉ।

ਜਿਤਨਾ ਚਿਰ ਅਸੀ ਕੁਝ ਬਣੀ ਫਿਰਦੇ ਹਾਂ (ਭਾਵ, ਹਉਮੈ ਅਹੰਕਾਰ ਕਰਦੇ ਹਾਂ) ਤਦ ਤਕ (ਹੇ ਪ੍ਰਭੂ!) ਤੂੰ ਸਾਡੇ ਅੰਦਰ ਪਰਗਟ ਨਹੀਂ ਹੁੰਦਾ (ਆਪਣਾ ਚਾਨਣ ਨਹੀਂ ਕਰਦਾ), ਪਰ ਜਦੋਂ ਹੁਣ ਤੂੰ ਆਪ (ਸਾਡੇ ਵਿਚ) ਨਿਵਾਸ ਕੀਤਾ ਹੈ ਤਾਂ ਸਾਡੇ ਵਿਚ ਉਹ ਪਹਿਲੀ ਹਉਮੈ ਨਹੀਂ ਰਹੀ । ਹੁਣ (ਹੇ ਪ੍ਰਭੂ!) ਤੂੰ ਤੇ ਅਸੀ ਇੱਕ-ਰੂਪ ਹੋ ਗਏ ਹਾਂ, ਹੁਣ ਤੈਨੂੰ ਵੇਖ ਕੇ ਸਾਡਾ ਮਨ ਮੰਨ ਗਿਆ ਹੈ (ਕਿ ਤੂੰ ਹੀ ਤੂੰ ਹੈਂ, ਤੈਥੋਂ ਵੱਖਰੇ ਅਸੀ ਕੁਝ ਭੀ ਨਹੀਂ ਹਾਂ) ।੧।

(ਹੇ ਪ੍ਰਭੂ!) ਜਿਤਨਾ ਚਿਰ ਅਸਾਂ ਜੀਵਾਂ ਵਿਚ ਆਪਣੀ ਅਕਲ (ਦੀ ਹਉਮੈ) ਹੁੰਦੀ ਹੈ ਉਤਨਾ ਚਿਰ ਸਾਡੇ ਵਿਚ ਕੋਈ ਆਤਮਕ ਬਲ ਨਹੀਂ ਹੁੰਦਾ (ਭਾਵ, ਸਹਿਮੇ ਹੀ ਰਹਿੰਦੇ ਹਾਂ), ਪਰ ਹੁਣ (ਜਦੋਂ ਤੂੰ ਆਪ ਸਾਡੇ ਵਿਚ ਆ ਪ੍ਰਗਟਿਆ ਹੈਂ) ਸਾਡੀ ਆਪਣੀ ਅਕਲ ਤੇ ਬਲ ਦਾ ਮਾਣ ਨਹੀਂ ਰਿਹਾ ।

ਕਬੀਰ ਆਖਦਾ ਹੈ—(ਹੇ ਪ੍ਰਭੂ!) ਤੂੰ ਮੇਰੀ (ਹਉਮੈ ਵਾਲੀ) ਅਕਲ ਖੋਹ ਲਈ ਹੈ, ਹੁਣ ਉਹ ਅਕਲ ਬਦਲ ਗਈ ਹੈ (ਭਾਵ, 'ਮੈਂ ਮੈਂ' ਛੱਡ ਕੇ 'ਤੂੰ ਹੀ ਤੂੰ' ਕਰਨ ਵਾਲੀ ਹੋ ਗਈ ਹੈ, ਇਸ ਵਾਸਤੇ ਮਨੁੱਖਾ ਜਨਮ ਦੇ ਮਨੋਰਥ ਦੀ) ਸਿੱਧੀ ਹਾਸਲ ਹੋ ਗਈ ਹੈ ।੨।੨੧।੭੨।

ਸ਼ਬਦ ਦਾ ਭਾਵ:- ਜਿਤਨਾ ਚਿਰ ਮਨੁੱਖ ਦੇ ਅੰਦਰ ਹਉਮੈ ਹੈ, ਪ੍ਰਭੂ ਦਾ ਪ੍ਰਕਾਸ਼ ਨਹੀਂ ਹੋ ਸਕਦਾ । ਜਦੋਂ ਉਹ ਆਪ ਅੰਦਰ ਆ ਵੱਸਦਾ ਹੈ ਤਾਂ ਹਉਮੈ ਨਾਸ ਹੋ ਜਾਂਦੀ ਹੈ ਤੇ ਹਉਮੈ ਨੂੰ ਦੂਰ ਕਰਨਾ ਹੀ ਮਨੁੱਖਾ ਜਨਮ ਦਾ ਮਨੋਰਥ ਹੈ ।੭੨।

ਨੋਟ:- ਰਵਿਦਾਸ ਜੀ ਸੋਰਠ ਵਿਚ ਲਿਖਦੇ ਹਨ:

'ਜਬ ਹਮ ਹੋਤੇ ਤਬ ਤੂ ਨਾਹੀ ਅਬ ਤੂ ਹੀ ਮੈ ਨਾਹੀ ।'

ਇਸ ਤੁਕ ਨੂੰ ਕਬੀਰ ਜੀ ਦੇ ਇਸ ਸ਼ਬਦ ਦੇ ਅੰਕ ਨੰ: ੧ ਦੀ ਪਹਿਲੀ ਤੁਕ ਨਾਲ ਮੇਲੋ । ਲਫ਼ਜ਼ਾਂ ਦੀ ਇਹ ਸਾਂਝ ਸਬੱਬ ਨਾਲ ਨਹੀਂ ਬਣ ਗਈ । ਕਬੀਰ ਤੇ ਰਵਿਦਾਸ ਜੀ ਬਨਾਰਸ ਦੇ ਰਹਿਣ ਵਾਲੇ ਸਨ, ਸਮਕਾਲੀ ਭੀ ਸਨ । ਹਮ-ਖ਼ਿਆਲ ਹੋਣ ਕਰਕੇ ਦੋਵੇਂ ਆਪੋ ਵਿਚ ਮੇਲਜੋਲ ਭੀ ਜ਼ਰੂਰ ਰੱਖਦੇ ਹੋਣਗੇ ।

ਗਉੜੀ ॥ ਖਟ ਨੇਮ ਕਰਿ ਕੋਠੜੀ ਬਾਂਧੀ ਬਸਤੁ ਅਨੂਪੁ ਬੀਚ ਪਾਈ ॥ ਕੁੰਜੀ ਕੁਲਫੁ ਪ੍ਰਾਨ ਕਰਿ ਰਾਖੇ ਕਰਤੇ ਬਾਰ ਨ ਲਾਈ ॥੧॥ ਅਬ ਮਨ ਜਾਗਤ ਰਹੁ ਰੇ ਭਾਈ ॥ ਗਾਫਲੁ ਹੋਇ ਕੈ ਜਨਮੁ ਗਵਾਇਓ ਚੋਰੁ ਮੁਸੈ ਘਰੁ ਜਾਈ ॥੧॥ ਰਹਾਉ ॥ ਪੰਚ ਪਹਰੂਆ ਦਰ ਮਹਿ ਰਹਤੇ ਤਿਨ ਕਾ ਨਹੀ ਪਤੀਆਰਾ ॥ ਚੇਤਿ ਸੁਚੇਤ ਚਿਤ ਹੋਇ ਰਹੁ ਤਉ ਲੈ ਪਰਗਾਸੁ ਉਜਾਰਾ ॥੨॥ ਨਉ ਘਰ ਦੇਖਿ ਜੁ ਕਾਮਨਿ ਭੂਲੀ ਬਸਤੁ ਅਨੂਪ ਨ ਪਾਈ ॥ ਕਹਤੁ ਕਬੀਰ ਨਵੈ ਘਰ ਮੂਸੇ ਦਸਵੈਂ ਤਤੁ ਸਮਾਈ ॥੩॥੨੨॥੭੩॥ {ਪੰਨਾ 339}

ਪਦਅਰਥ:- ਖਟ—ਛੇ । ਨੇਮ—{ਸੰ: ਨੇਮਿ} ਚੱਕਰ, ਪਹੀਏ ਦਾ ਉਪਰਲਾ ਘੇਰਾ । ਖਟ ਨੇਮ—ਛੇ ਚੱਕਰ {ਵੇਖੋ ਸ਼ਬਦ ਨੰ: ੪੭; ਜੋਗੀ-ਲੋਕ ਸਰੀਰ ਦੇ ਛੇ ਚੱਕਰ ਮੰਨਦੇ ਹਨ, ਪ੍ਰਾਣਾਯਾਮ ਵੇਲੇ ਪ੍ਰਾਣਾਂ ਨੂੰ ਹੇਠਲੇ ਚੱਕਰ ਤੋਂ ਖਿੱਚ ਕੇ ਉੱਪਰਲੇ ਚੱਕਰ ਵਿਚ ਅਪੜਾਉਂਦੇ ਹਨ । ਪਰ ਇਸ ਸ਼ਬਦ ਵਿਚ ਜੋਗੀਆਂ ਦੇ ਇਹਨਾਂ ਚੱਕਰਾਂ ਵਲ ਇਸ਼ਾਰਾ ਨਹੀਂ ਜਾਪਦਾ}; ਪੰਜ ਤੱਤ ਤੇ ਛੇਵਾਂ ਮਨ {ਸਰੀਰ ਦੀ ਬਣਤਰ ਪੰਜ ਤੱਤਾਂ ਤੋਂ ਮੰਨੀ ਜਾਂਦੀ ਹੈ, ਤੇ ਜੀਵ

ਨੂੰ ਜਨਮ ਵਿਚ ਲਿਆਉਣ ਵਾਲਾ ਇਸ ਦਾ 'ਮਨ' ਹੀ ਮੂਲ-ਕਾਰਨ ਹੈ, ਕਿਉਂਕਿ ਮਨ ਦੀਆਂ ਵਾਸ਼ਨਾਂ ਜੀਵ ਨੂੰ ਭਟਕਾਉਂਦੀਆਂ ਫਿਰਦੀਆਂ ਹਨ । ਸੋ, ਇੱਥੇ 'ਖਟ ਨੇਮ' ਤੋਂ ਭਾਵ ਹੈ ਪੰਜ ਤੱਤ ਤੇ ਛੇਵਾਂ ਮਨ} । ਕੋਠੜੀ—ਸਰੀਰ-ਰੂਪ ਨਿੱਕਾ ਜਿਹਾ ਘਰ । ਬਾਂਧੀ—ਬਣਾਈ । ਬਸਤੁ—ਚੀਜ਼ । ਅਨੂਪ—{ਅਨ-ਊਪ । ਊਪ-ਉਪਮਾ} ਜਿਸ ਦੀ ਉਪਮਾ ਨਹੀਂ ਹੋ ਸਕਦੀ, ਜਿਸ ਵਰਗੀ ਹੋਰ ਕੋਈ ਚੀਜ਼ ਨਹੀਂ । ਬਸਤੁ ਅਨੂਪ—ਉਹ ਸ਼ੈ ਜਿਸ ਵਰਗੀ ਹੋਰ ਕੋਈ ਸ਼ੈ ਦੱਸੀ ਨਹੀਂ ਜਾ ਸਕਦੀ, ਪਰਮਾਤਮਾ ਦੀ ਆਪਣੀ ਜੋਤ । ਬੀਚ—(ਉਸ 'ਕੋਠੜੀ') ਵਿਚ । ਕੁਲਫੁ—ਜੰਦਰਾ । ਕਰਤੇ—ਕਰਦਿਆਂ, ਬਣਾਉਂਦਿਆਂ । ਬਾਰ ਨ ਲਾਈ—ਦੇਰ ਨਹੀਂ ਲਾਈ (ਲਫ਼ਜ਼ 'ਬਾਰ' ਇਸਤ੍ਰੀ ਲਿੰਗ ਹੈ, ਕਿਉਂਕਿ ਇਸ ਦੀ ਕ੍ਰਿਆ 'ਲਾਈ' ਭੀ ਇਸਤ੍ਰੀ ਲਿੰਗ ਹੈ; ਸੋ ਇਸ ਦਾ ਅਰਥ 'ਦਰਵਾਜ਼ੇ' ਫਬਦਾ ਨਹੀਂ ਹੈ) ।੧।

ਮਨ—ਹੇ ਮਨ! ਰੇ ਭਾਈ—ਹੇ ਵੀਰ! ਰੇ ਭਾਈ ਮਨ—ਹੇ ਪਿਆਰੇ ਮਨ! ਗਾਫਲੁ—ਬੇ-ਪਰਵਾਹ । ਮੁਸੈ ਘਰੁ—ਘਰ ਨੂੰ ਲੁੱਟਦਾ ਹੈ । ਜਾਈ—ਜਾਇ, ਜਾ ਕੇ ।੧।ਰਹਾਉ।

ਪੰਚ ਪਹਰੂਆ—ਪੰਜ ਪਹਿਰੇਦਾਰ, ਪੰਜ ਗਿਆਨ ਇੰਦਰੇ (ਅੱਖਾਂ, ਕੰਨ, ਨੱਕ, ਜੀਭ, ਚਮੜੀ—ਇਹਨਾਂ ਪੰਜਾਂ ਦੀ ਰਾਹੀਂ ਬਾਹਰਲੇ ਪਦਾਰਥਾਂ ਦੀ ਖ਼ਬਰ ਦਿਮਾਗ਼ ਵਿਚ ਅੱਪੜਦੀ ਹੈ । ਸਰੀਰ ਨੂੰ ਕਿਸੇ ਤਰ੍ਹਾਂ ਦਾ ਖ਼ਤਰਾ ਆਉਂਦਾ ਹੋਵੇ, ਉਹ ਭੀ ਇਹਨਾਂ ਦੀ ਰਾਹੀਂ ਹੀ ਪਤਾ ਲੱਗਦਾ ਹੈ, ਪਰ ਕਿਸੇ ਚਸਕੇ ਵਲ, ਕਿਸੇ ਵਿਕਾਰ ਵਲ ਪ੍ਰੇਰਨਾ ਭੀ ਇਹਨਾਂ ਦੀ ਰਾਹੀਂ ਹੀ ਹੁੰਦਾ ਹੈ । ਅੱਖਾਂ ਜੇ ਪਰਾਇਆ ਰੂਪ ਤੱਕਣ ਦੇ ਚਸਕੇ ਵਿਚ ਫਸੀਆਂ ਹੋਈਆਂ ਹਨ ਤਾਂ ਨੇਕ ਜੀਵਨ ਲਈ ਪਹਿਰਾ ਦੇਣ ਦੀ ਥਾਂ ਇਹ ਵਿਕਾਰ ਵਲ ਪ੍ਰੇਰਨਗੀਆਂ । ਇਸੇ ਤਰ੍ਹਾਂ ਬਾਕੀ ਦੇ ਗਿਆਨ-ਇੰਦ੍ਰੇ) । ਦਰ ਮਹਿ—ਸਰੀਰ-ਰੂਪ ਨਿੱਕੇ ਜਿਹੇ ਘਰ ਦੇ ਦਰਵਾਜ਼ਿਆਂ ਤੇ । ਪਤੀਆਰਾ—ਇਤਬਾਰ, ਵਿਸਾਹ । ਸੁਚੇਤ ਚਿਤ ਹੋਇ—ਹੁਸ਼ਿਆਰ ਹੋ ਕੇ । ਉਜਾਰਾ—ਉਜਾਲਾ, ਨਿਖਾਰ । ਲੈ ਉਜਾਰਾ—ਨਿਖਰ ਆਉਣਾ ਹੈ । ਪਰਗਾਸੁ—ਚਾਨਣ ।੨।

ਨਉ ਘਰ—ਨੌ ਗੋਲਕਾਂ—{ਦੋ ਕੰਨ, ਦੋ ਅੱਖਾਂ, ਦੋ ਨਾਸਾਂ, ਮੂੰਹ, ਇੰਦ੍ਰੀ, ਗੁਦਾ—ਇਹ ਨੌ ਹੀ ਰੰਧ੍ਰ ਜੋ ਸਰੀਰ ਦੀਆਂ ਕ੍ਰਿਆ ਚਲਾ ਰਹੇ ਹਨ} । ਦੇਖਿ—ਵੇਖ ਕੇ । ਜੁ—ਜਿਹੜੀ । ਕਾਮਨਿ—ਜੀਵ-ਇਸਤ੍ਰੀ । ਨਵੈ ਘਰ ਮੂਸੇ—ਜਦੋਂ ਨੌ ਹੀ ਗੋਲਕਾਂ ਠੱਗੀਆਂ ਜਾਂਦੀਆਂ ਹਨ, ਜਦੋਂ ਨੌ ਹੀ ਘਰ ਵੱਸ ਵਿਚ ਆ ਜਾਂਦੇ ਹਨ । ਦਸਵੈਂ—ਦਸਵੇਂ ਘਰ ਵਿਚ, ਦਸਵੇਂ ਦੁਆਰ ਵਿਚ, ਦਿਮਾਗ਼ ਵਿਚ {ਸੋਚ-ਵਿਚਾਰ ਦਾ ਕੰਮ ਮਨੁੱਖ ਦੇ ਦਿਮਾਗ਼ ਨੂੰ ਕੁਦਰਤ ਨੇ ਸੌਂਪਿਆ ਹੈ, ਇਸ ਲਈ ਇਸ ਨੂੰ ਦਸਵਾਂ ਘਰ, ਦਸਵਾਂ ਦੁਆਰ ਕਿਹਾ ਜਾਂਦਾ ਹੈ । ਜਿਤਨਾ ਚਿਰ ਸਰੀਰ ਦੀਆਂ ਨੌ ਗੋਲਕਾਂ ਨਿਰੇ ਸਰੀਰਕ ਕ੍ਰਿਆ ਵਲ ਮਨ ਨੂੰ ਲਾਈ ਰੱਖਦੀਆਂ ਹਨ, ਨਿਰੇ ਸੰਸਾਰੀ ਕੰਮਾਂ-ਧੰਧਿਆਂ ਵਿਚ ਜੋੜੀ ਰੱਖਦੀਆਂ ਹਨ, ਉਤਨਾ ਚਿਰ ਮਨੁੱਖ ਆਪਣੇ ਆਪ ਨੂੰ ਨਿਰਾ ਸਰੀਰ ਹੀ ਸਮਝੀ ਰੱਖਦਾ ਹੈ, ਨਿਰਾ ਸਰੀਰ ਦੀ ਪਰਵਰਿਸ਼ ਵਿਚ ਹੀ ਮਸਤ ਰਹਿੰਦਾ ਹੈ, ਅੰਦਰ-ਵੱਸਦੀ ਆਤਮਕ ਜੋਤਿ ਦਾ ਖ਼ਿਆਲ ਕਦੇ ਨਹੀਂ ਆਉਂਦਾ} । ਤਤੁ—ਅਸਲੀਅਤ, ਪਰਮਾਤਮਾ ਦੀ ਜੋਤਿ ।੩।

ਅਰਥ:- ਛੇ ਚੱਕਰ ਬਣਾ ਕੇ (ਪ੍ਰਭੂ ਨੇ) ਇਹ (ਮਨੁੱਖਾ ਸਰੀਰ-ਰੂਪ) ਨਿੱਕਾ ਜਿਹਾ ਘਰ ਰਚ ਦਿੱਤਾ ਹੈ ਤੇ (ਇਸ ਘਰ) ਵਿਚ (ਆਪਣੀ ਆਤਮਕ ਜੋਤ-ਰੂਪ) ਅਚਰਜ ਵਸਤ ਰੱਖ ਦਿੱਤੀ ਹੈ; (ਇਸ ਘਰ ਦਾ) ਜੰਦਰਾ-ਕੁੰਜੀ (ਪ੍ਰਭੂ ਨੇ) ਪ੍ਰਾਣਾਂ ਨੂੰ ਹੀ ਬਣਾ ਦਿੱਤਾ ਹੈ, ਤੇ (ਇਹ ਖੇਡ) ਬਣਾਉਂਦਿਆਂ ਉਹ ਚਿਰ ਨਹੀਂ ਲਾਉਂਦਾ ।੧।

(ਇਸ ਘਰ ਵਿਚ ਰਹਿਣ ਵਾਲੇ) ਹੇ ਪਿਆਰੇ ਮਨ! ਹੁਣ ਜਾਗਦਾ ਰਹੁ, ਬੇ-ਪਰਵਾਹ ਹੋ ਕੇ ਤੂੰ (ਹੁਣ ਤਕ) ਜੀਵਨ ਅਜਾਈਂ ਗਵਾ ਲਿਆ ਹੈ; (ਜੋ ਕੋਈ ਭੀ ਗ਼ਾਫ਼ਲ ਹੁੰਦਾ ਹੈ) ਚੋਰ ਜਾ ਕੇ (ਉਸ ਦਾ) ਘਰ ਲੁੱਟ ਲੈਂਦਾ ਹੈ ।੧।ਰਹਾਉ।

(ਇਹ ਜੋ) ਪੰਜ ਪਹਿਰੇਦਾਰ (ਇਸ ਘਰ ਦੇ) ਦਰਵਾਜ਼ਿਆਂ ਉੱਤੇ ਰਹਿੰਦੇ ਹਨ, ਇਹਨਾਂ ਦਾ ਕੋਈ ਵਿਸਾਹ ਨਹੀਂ । ਹੁਸ਼ਿਆਰ ਹੋ ਕੇ ਰਹੁ ਤੇ (ਮਾਲਕ ਨੂੰ) ਚੇਤੇ ਰੱਖ ਤਾਂ (ਤੇਰੇ ਅੰਦਰ ਪ੍ਰਭੂ ਦੀ ਆਤਮਕ ਜੋਤ ਦਾ) ਚਾਨਣ ਨਿਖਰ ਆਵੇਗਾ ।੨।

ਜਿਹੜੀ ਜੀਵ-ਇਸਤ੍ਰੀ (ਸਰੀਰ ਦੇ) ਨੌ ਘਰਾਂ (ਨੌ ਗੋਲਕਾਂ ਜੋ ਸਰੀਰਕ ਕ੍ਰਿਆ ਚਲਾਣ ਲਈ ਹਨ) ਨੂੰ ਵੇਖ ਕੇ (ਆਪਣੇ ਅਸਲ-ਮਨੋਰਥ ਵਲੋਂ) ਖੁੰਝ ਜਾਂਦੀ ਹੈ, ਉਸ ਨੂੰ (ਜੋਤ-ਰੂਪ) ਅਚਰਜ ਸ਼ੈ (ਅੰਦਰੋਂ) ਨਹੀਂ ਲੱਭਦੀ (ਭਾਵ, ਉਸ ਦਾ ਧਿਆਨ ਅੰਦਰ-ਵੱਸਦੀ ਆਤਮਕ ਜੋਤ ਵਲ ਨਹੀਂ ਪੈਂਦਾ) । ਕਬੀਰ ਆਖਦਾ ਹੈ ਜਦੋਂ ਇਹ ਨੌ ਹੀ ਘਰ ਵੱਸ ਵਿਚ ਆ ਜਾਂਦੇ ਹਨ, ਤਾਂ ਪ੍ਰਭੂ ਦੀ ਜੋਤ ਦਸਵੇਂ ਘਰ ਵਿਚ ਟਿਕ ਜਾਂਦੀ ਹੈ (ਭਾਵ, ਤਦੋਂ ਅੰਦਰ-ਵੱਸਦੇ ਪ੍ਰਭੂ ਦੀ ਹੋਂਦ ਦੀ ਵਿਚਾਰ ਜੀਵ ਨੂੰ ਫੁਰ ਆਉਂਦੀ ਹੈ, ਤਦੋਂ ਸੁਰਤ ਪ੍ਰਭੂ ਦੀ ਯਾਦ ਵਿਚ ਟਿਕਦੀ ਹੈ ।੩।੨੨।੭੩।

ਸ਼ਬਦ ਦਾ ਭਾਵ:- ਕਾਮ ਕ੍ਰੋਧ ਆਦਿਕ ਕੋਈ ਵਿਕਾਰ ਤਦ ਤਕ ਮਨੁੱਖ ਦਾ ਜੀਵਨ ਵਿਗਾੜਦਾ ਰਹਿੰਦਾ ਹੈ, ਜਦ ਤਕ ਮਨੁੱਖ ਪ੍ਰਭੂ ਦੀ ਯਾਦ ਵਲੋਂ ਗ਼ਾਫ਼ਲ ਹੈ । ਇਹ ਗਿਆਨ-ਇੰਦਰੇ ਭੀ ਹੋਰ ਹੋਰ ਮੰਦੇ ਪਾਸੇ ਵੱਲ ਹੀ ਪ੍ਰੇਰਦੇ ਰਹਿੰਦੇ ਹਨ । ਸਿਮਰਨ ਹੀ ਇੱਕ ਐਸੀ ਦਾਤ ਹੈ, ਜਿਸ ਦੀ ਬਰਕਤ ਨਾਲ ਆਤਮਕ ਜੀਵਨ ਵਿਕਾਰਾਂ ਦੀ ਧੁੰਧ ਜਿਹੀ ਵਿਚੋਂ ਨਿਕਲ ਕੇ ਨਿਖਰ ਆਉਂਦਾ ਹੈ ।੭੩।

ਗਉੜੀ ॥ ਮਾਈ ਮੋਹਿ ਅਵਰੁ ਨ ਜਾਨਿਓ ਆਨਾਨਾਂ ॥ ਸਿਵ ਸਨਕਾਦਿ ਜਾਸੁ ਗੁਨ ਗਾਵਹਿ ਤਾਸੁ ਬਸਹਿ ਮੋਰੇ ਪ੍ਰਾਨਾਨਾਂ ॥ ਰਹਾਉ ॥ ਹਿਰਦੇ ਪ੍ਰਗਾਸੁ ਗਿਆਨ ਗੁਰ ਗੰਮਿਤ ਗਗਨ ਮੰਡਲ ਮਹਿ ਧਿਆਨਾਨਾਂ ॥ ਬਿਖੈ ਰੋਗ ਭੈ ਬੰਧਨ ਭਾਗੇ ਮਨ ਨਿਜ ਘਰਿ ਸੁਖੁ ਜਾਨਾਨਾ ॥੧॥ ਏਕ ਸੁਮਤਿ ਰਤਿ ਜਾਨਿ ਮਾਨਿ ਪ੍ਰਭ ਦੂਸਰ ਮਨਹਿ ਨ ਆਨਾਨਾ ॥ ਚੰਦਨ ਬਾਸੁ ਭਏ ਮਨ ਬਾਸਨ ਤਿਆਗਿ ਘਟਿਓ ਅਭਿਮਾਨਾਨਾ ॥੨॥ ਜੋ ਜਨ ਗਾਇ ਧਿਆਇ ਜਸੁ ਠਾਕੁਰ ਤਾਸੁ ਪ੍ਰਭੂ ਹੈ ਥਾਨਾਨਾਂ ॥ ਤਿਹ ਬਡ ਭਾਗ ਬਸਿਓ ਮਨਿ ਜਾ ਕੈ ਕਰਮ ਪ੍ਰਧਾਨ ਮਥਾਨਾਨਾ ॥੩॥ ਕਾਟਿ ਸਕਤਿ ਸਿਵ ਸਹਜੁ ਪ੍ਰਗਾਸਿਓ ਏਕੈ ਏਕ ਸਮਾਨਾਨਾ ॥ ਕਹਿ ਕਬੀਰ ਗੁਰ ਭੇਟਿ ਮਹਾ ਸੁਖ ਭ੍ਰਮਤ ਰਹੇ ਮਨੁ ਮਾਨਾਨਾਂ ॥੪॥੨੩॥੭੪॥ {ਪੰਨਾ 339}

ਨੋਟ:- ਇਸ ਸ਼ਬਦ ਦੀ ਹਰੇਕ ਤੁਕ ਦੇ ਅਖ਼ੀਰਲੇ ਲਫ਼ਜ਼ ਦਾ ਅਖ਼ੀਰਲਾ ਅੱਖਰ 'ਨਾ' ਸਿਰਫ਼ ਪਦ-ਪੂਰਤੀ ਲਈ ਹੈ, 'ਅਰਥ' ਕਰਨ ਵਿਚ ਇਸ ਦਾ ਕੋਈ ਸੰਬੰਧ ਨਹੀਂ ਪੈਂਦਾ ।

ਪਦਅਰਥ:- ਮਾਈ—ਹੇ ਮਾਂ! ਮੋਹਿ—ਮੈਂ । ਅਵਰੁ—ਹੋਰ । ਨ ਜਾਨਿਓ—ਨਹੀਂ ਜਾਣਿਆ, ਜੀਵਨ ਦਾ ਆਸਰਾ ਨਹੀਂ ਸਮਝਿਆ । ਆਨਾਨਾਂ—ਆਨ, ਅਨਜ, ਕੋਈ ਹੋਰ । ਸਨਕਾਦਿ—ਸਨਕ ਆਦਿ, ਸਨਕ ਆਦਿਕ ਬ੍ਰਹਮਾ ਦੇ ਚਾਰੇ ਪੁੱਤਰ । ਜਾਸੁ ਗੁਨ—ਜਿਸ ਦੇ ਗੁਣ । ਤਾਸੁ—ਉਸ (ਪ੍ਰਭੂ) ਵਿਚ । ਪ੍ਰਾਨਾਨਾਂ—ਪ੍ਰਾਨ ।੧।ਰਹਾਉ।

ਪ੍ਰਗਾਸੁ—ਚਾਨਣ । ਗੰਮਿਤਿ—ਅਪੜਾਇਆ, ਦਿੱਤਾ, ਬਖ਼ਸ਼ਿਆ {ਸੰ: ਗਮ—ਜਾਣਾ, ਅੱਪੜਨਾ । ਕ੍ਰਿਆ—'ਗਮ' ਤੋਂ 'ਪ੍ਰੇਰਣਾਰਥਕ ਕ੍ਰਿਆ' ਗਮਯ ਦਾ ਅਰਥ ਹੈ ਅਪੜਾਉਣਾ, ਦੇਣਾ, ਬਖ਼ਸ਼ਣਾ} । ਗਗਨ ਮਹਿ—ਆਕਾਸ਼ ਵਿਚ (ਭਾਵ, ਦੁਨੀਆ ਦੇ ਪਦਾਰਥਾਂ ਵਿਚੋਂ ਉੱਠ ਕੇ ਉੱਚੇ ਮੰਡਲਾਂ ਵਿਚ, ਪ੍ਰਭੂ-ਚਰਨਾਂ ਵਿਚ) । ਧਿਆਨਾਨਾਂ—ਧਿਆਨ (ਲੱਗ ਗਿਆ) । ਬਿਖੈ—ਵਿਸ਼ੇ । ਨਿਜ ਘਰਿ—ਆਪਣੇ ਘਰ ਵਿਚ, ਅੰਦਰ ਹੀ ।

ਜਾਨਾਨਾ—ਜਾਨਾ, ਜਾਣ ਲਿਆ ।੧।

ਏਕਸੁ—ਇਕ (ਪ੍ਰਭੂ) ਵਿਚ ਹੀ । ਮਤਿ—ਬੁੱਧ । ਰਤਿ—ਪਿਆਰ, ਲਗਨ । ਜਾਨਿ—ਜਾਣ ਕੇ, ਸਮਝ ਕੇ । ਮਾਨਿ—ਮੰਨ ਕੇ, ਪਤੀਜ ਕੇ । ਮਨਹਿ—ਮਨ ਵਿਚ । ਆਨਾਨਾ—ਆਨਾ, ਆਨਿਆ, ਲਿਆਂਦਾ ।

ਬਾਸੁ—ਸੁਗੰਧੀ । ਮਨ ਬਾਸਨ—ਮਨ ਦੀਆਂ ਵਾਸ਼ਨਾਂ । ਤਿਆਗਿ—ਤਿਆਗ ਕੇ ।੨।

ਤਾਸੁ—ਉਸ (ਮਨੁੱਖ ਦੇ ਹਿਰਦੇ) ਵਿਚ । ਪ੍ਰਭੁ ਥਾਨਾਨਾਂ—ਪ੍ਰਭੂ ਦਾ ਥਾਂ, ਪ੍ਰਭੂ ਦਾ ਨਿਵਾਸ । ਮਨਿ ਜਾ ਕੈ—ਜਿਸ ਮਨੁੱਖ ਦੇ ਮਨ ਵਿਚ । ਕਰਮ ਪ੍ਰਧਾਨ—(ਉੱਚ) ਕਰਮ ਉੱਘੜ ਆਏ ਹਨ । ਮਥਾਨਾਨਾ—ਮੱਥੇ ਤੇ ।੩।

ਕਾਟਿ—ਕੱਟ ਕੇ, ਦੂਰ ਕਰ ਕੇ । ਸਕਤਿ—ਮਾਇਆ (ਦਾ ਪ੍ਰਭਾਵ) । ਸਿਵ ਸਹਜੁ—ਸ਼ਿਵ ਦੀ ਸਹਜਿ ਅਵਸਥਾ, ਪਰਮਾਤਮਾ ਦਾ ਗਿਆਨ, ਪ੍ਰਭੂ ਦਾ ਪ੍ਰਕਾਸ਼ । ਏਕੈ ਏਕ—ਨਿਰੋਲ ਇੱਕ ਪ੍ਰਭੂ ਵਿਚ । ਗੁਰ ਭੇਟਿ—ਗੁਰੂ ਨੂੰ ਮਿਲ ਕੇ । ਭ੍ਰਮਤ ਰਹੇ—ਭਟਕਣਾ ਦੂਰ ਹੋ ਜਾਂਦੀ ਹੈ । ਮਾਨਾਨਾਂ—ਮੰਨ ਜਾਂਦਾ ਹੈ, ਪਤੀਜ ਜਾਂਦਾ ਹੈ ।੪।

ਅਰਥ:- ਹੇ (ਮੇਰੀ) ਮਾਂ! ਮੈਂ ਕਿਸੇ ਹੋਰ ਨੂੰ (ਆਪਣੇ ਜੀਵਨ ਦਾ ਆਸਰਾ) ਨਹੀਂ ਸਮਝਿਆ, (ਕਿਉਂਕਿ) ਮੇਰੇ ਪ੍ਰਾਣ (ਤਾਂ) ਉਸ (ਪ੍ਰਭੂ) ਵਿਚ ਵੱਸ ਰਹੇ ਹਨ ਜਿਸ ਦੇ ਗੁਣ ਸ਼ਿਵ ਅਤੇ ਸਨਕ ਆਦਿਕ ਗਾਉਂਦੇ ਹਨ ।੧।ਰਹਾਉ।

ਜਦੋਂ ਦੀ ਸਤਿਗੁਰੂ ਨੇ ਉੱਚੀ ਸੂਝ ਬਖ਼ਸ਼ੀ ਹੈ, ਮੇਰੇ ਹਿਰਦੇ ਵਿਚ, (ਮਾਨੋ) ਚਾਨਣ ਹੋ ਗਿਆ ਹੈ, ਤੇ ਮੇਰਾ ਧਿਆਨ ਉੱਚੇ ਮੰਡਲਾਂ ਵਿਚ (ਭਾਵ, ਪ੍ਰਭੂ-ਚਰਨਾਂ ਵਿਚ) ਟਿਕਿਆ ਰਹਿੰਦਾ ਹੈ । ਵਿਸ਼ੇ-ਵਿਕਾਰ ਆਦਿਕ ਆਤਮਕ ਰੋਗਾਂ ਤੇ ਸਹਿਮਾਂ ਦੇ ਜ਼ੰਜੀਰ ਟੁੱਟ ਗਏ ਹਨ, ਮੇਰੇ ਮਨ ਨੇ ਅੰਦਰ ਹੀ ਸੁਖ ਲੱਭ ਲਿਆ ਹੈ ।੧।

ਮੇਰੀ ਬੁੱਧੀ ਦਾ ਪਿਆਰ ਇੱਕ ਪ੍ਰਭੂ ਵਿਚ ਹੀ ਬਣ ਗਿਆ ਹੈ । ਇੱਕ ਪ੍ਰਭੂ ਨੂੰ (ਆਸਰਾ) ਸਮਝ ਕੇ (ਤੇ ਉਸ ਵਿਚ) ਪਤੀਜ ਕੇ, ਮੈਂ ਕਿਸੇ ਹੋਰ ਨੂੰ ਹੁਣ ਮਨ ਵਿਚ ਨਹੀਂ ਲਿਆਉਂਦਾ (ਭਾਵ, ਕਿਸੇ ਹੋਰ ਦੀ ਓਟ ਨਹੀਂ ਤੱਕਦਾ) । ਮਨ ਦੀਆਂ ਵਾਸ਼ਨਾਂ ਤਿਆਗ ਕੇ (ਮੇਰੇ ਅੰਦਰ, ਮਾਨੋ) ਚੰਦਨ ਦੀ ਸੁਗੰਧੀ ਪੈਦਾ ਹੋ ਗਈ ਹੈ, (ਮੇਰੇ ਅੰਦਰੋਂ) ਅਹੰਕਾਰ ਘਟ ਗਿਆ ਹੈ (ਭਾਵ ਮਿਟ ਗਿਆ ਹੈ) । {ਨੋਟ:- ਲਫ਼ਜ਼ 'ਤਿਆਗਿ' ਦਾ ਅਰਥ ਹੈ 'ਤਿਆਗ ਕੇ' । ਲਫ਼ਜ਼ 'ਘਟਿਓ' ਵਿਆਕਰਣ ਅਨੁਸਾਰ "ਭੂਤਕਾਲ" ਹੈ, ਜਿਵੇਂ ਇਸੇ ਹੀ ਸ਼ਬਦ ਦੇ ਲਫ਼ਜ਼ 'ਜਾਨਿਓ', 'ਬਸਿਓ' ਅਤੇ 'ਪ੍ਰਗਾਸਿਓ' ਹਨ; ਘਟਿਓ—ਘਟ ਗਿਆ, ਘਟਿਆ । ਜਾਨਿਓ—ਜਾਨਿਆ, ਜਾਣ ਲਿਆ । ਬਸਿਓ—ਵੱਸਿਆ, ਵੱਸ ਪਿਆ । ਪ੍ਰਗਾਸਿਓ—ਪ੍ਰਗਾਸਿਆ, ਚਮਕ ਪਿਆ । ਸੋ, ਲਫ਼ਜ਼ 'ਘਟਿਓ' ਦਾ ਅਰਥ "ਘਟਦਾ ਘਟਦਾ" ਨਹੀਂ ਹੋ ਸਕਦਾ । ਨਾਹ ਹੀ ਇਸ ਦਾ ਅਰਥ "ਘਟ ਵਿਚੋਂ" ਹੋ ਸਕਦਾ ਹੈ; ਉਸ ਹਾਲਤ ਵਿਚ ਲਫ਼ਜ਼ "ਘਟਹੁ" ਹੁੰਦਾ ਹੈ, ਜਿਵੇਂ "ਮਨਹੁ"—ਮਨ ਤੋਂ, ਮਨ ਵਿਚੋਂ । ਲਫ਼ਜ਼ 'ਤਿਆਗਿ' ਵਾਂਗ ਹੀ ਜਾਨਿ—ਜਾਣ ਕੇ । ਮਾਨਿ—ਮੰਨ ਕੇ । ਕਾਟਿ—ਕੱਟ ਕੇ । ਭੇਟਿ—ਭੇਟ ਕੇ ਮਿਲ ਕੇ} ।੨।

ਜੋ ਮਨੁੱਖ ਠਾਕੁਰ ਦਾ ਜਸ ਗਾਂਦਾ ਹੈ, ਪ੍ਰਭੂ ਨੂੰ ਧਿਆਉਂਦਾ ਹੈ, ਪ੍ਰਭੂ ਦਾ ਨਿਵਾਸ ਉਸ ਦੇ ਹਿਰਦੇ ਵਿਚ ਹੋ ਜਾਂਦਾ ਹੈ । ਤੇ, ਜਿਸ ਦੇ ਮਨ ਵਿਚ ਪ੍ਰਭੂ ਵੱਸ ਪਿਆ, ਉਸ ਦੇ ਵੱਡੇ ਭਾਗ (ਸਮਝੋ), ਉਸ ਦੇ ਮੱਥੇ ਉੱਤੇ ਉੱਚੇ ਲੇਖ ਉੱਘੜ ਆਏ (ਜਾਣੋ) ।੩।

ਮਾਇਆ ਦਾ ਪ੍ਰਭਾਵ ਦੂਰ ਕਰ ਕੇ, ਜਦੋਂ ਰੱਬੀ-ਜੋਤ ਦਾ ਪ੍ਰਕਾਸ਼ ਹੋ ਗਿਆ, ਤਾਂ ਸਦਾ ਨਿਰੋਲ ਇੱਕ ਪ੍ਰਭੂ ਵਿਚ ਮਨ ਲੀਨ ਰਹਿੰਦਾ ਹੈ । ਕਬੀਰ ਆਖਦਾ ਹੈ, ਸਤਿਗੁਰੂ ਨੂੰ ਮਿਲ ਕੇ ਉੱਚਾ ਸੁਖ ਪ੍ਰਾਪਤ ਹੁੰਦਾ ਹੈ, ਭਟਕਣਾ

ਮੁੱਕ ਜਾਂਦੀ ਹੈ ਤੇ ਮਨ (ਪ੍ਰਭੂ ਵਿਚ) ਗਿੱਝ ਜਾਂਦਾ ਹੈ ।੪।੨੩।੭੪।

ਸ਼ਬਦ ਦਾ ਭਾਵ:- ਸਤਿਗੁਰੂ ਨੂੰ ਮਿਲ ਕੇ ਜੋ ਮਨੁੱਖ ਪ੍ਰਭੂ ਦੀ ਯਾਦ ਵਿਚ ਚਿੱਤ ਜੋੜਦਾ ਹੈ, ਉਸ ਦਾ ਮਨ ਵਿਕਾਰਾਂ ਵਲੋਂ ਹਟ ਕੇ ਪ੍ਰਭੂ ਦੇ ਦੇਸ ਦੀਆਂ ਉਡਾਰੀਆਂ ਲਾਂਦਾ ਹੈ । ਵਾਸ਼ਨਾ ਮੁੱਕ ਜਾਣ ਕਰਕੇ ਉਸ ਦਾ ਜੀਵਨ ਪਵਿੱਤਰ ਹੋ ਜਾਂਦਾ ਹੈ ।੭੪।

ਰਾਗੁ ਗਉੜੀ ਪੂਰਬੀ ਬਾਵਨ ਅਖਰੀ ਕਬੀਰ ਜੀਉ ਕੀ ੴ ਸਤਿਨਾਮੁ ਕਰਤਾ ਪੁਰਖੁ ਗੁਰਪ੍ਰਸਾਦਿ ॥ ਬਾਵਨ ਅਛਰ ਲੋਕ ਤ੍ਰੈ ਸਭੁ ਕਛੁ ਇਨ ਹੀ ਮਾਹਿ ॥ ਏ ਅਖਰ ਖਿਰਿ ਜਾਹਿਗੇ ਓਇ ਅਖਰ ਇਨ ਮਹਿ ਨਾਹਿ ॥੧॥ {ਪੰਨਾ 340}

ਪਦਅਰਥ:- ਬਾਵਨ—ਬਵੰਜਾ । ਅਖਰੀ—ਅੱਖਰਾਂ ਵਾਲੀ । ਬਾਵਨ ਅਖਰੀ—ਬਵੰਜਾ ਅੱਖਰਾਂ ਵਾਲੀ ਬਾਣੀ ।

ਅਛਰ—ਅੱਖਰ । ਲੋਕ ਤ੍ਰੈ—ਤਿੰਨਾਂ ਲੋਕਾਂ ਵਿਚ, ਸਾਰੇ ਜਗਤ (ਵਰਤੇ ਜਾ ਰਹੇ ਹਨ) । ਸਭੁ ਕਛੁ—(ਜਗਤ ਦਾ) ਸਾਰਾ ਵਰਤਾਰਾ । ਇਨ ਹੀ ਮਾਹਿ—ਇਹਨਾਂ (ਬਵੰਜਾ ਅੱਖਰਾਂ) ਵਿਚ ਹੀ । ਏ ਅੱਖਰ—ਇਹ ਬਵੰਜਾ ਅੱਖਰ (ਜਿਨ੍ਹਾਂ ਦੀ ਰਾਹੀਂ ਜਗਤ ਦਾ ਵਰਤਾਰਾ ਨਿਭ ਰਿਹਾ ਹੈ) । ਖਿਰਿ ਜਾਹਿਗੇ—ਨਾਸ ਹੋ ਜਾਣਗੇ । ਓਇ ਅਖਰ—ਉਹ ਅੱਖਰ (ਜੋ 'ਅਨੁਭਵ' ਅਵਸਥਾ ਬਿਆਨ ਕਰ ਸਕਣ, ਜੋ ਪਰਾਮਤਮਾ ਦੇ ਮਿਲਾਪ ਦੀ ਅਵਸਥਾ ਦੱਸ ਸਕਣ) ।੧।

ਅਰਥ:- ਬਵੰਜਾ ਅੱਖਰ (ਭਾਵ, ਲਿਪੀਆਂ ਦੇ ਅੱਖਰ) ਸਾਰੇ ਜਗਤ ਵਿਚ (ਵਰਤੇ ਜਾ ਰਹੇ ਹਨ), ਜਗਤ ਦਾ ਸਾਰਾ ਵਰਤਾਰਾ ਇਹਨਾਂ (ਲਿਪੀਆਂ ਦੇ) ਅੱਖਰਾਂ ਦੀ ਰਾਹੀਂ ਚੱਲ ਰਿਹਾ ਹੈ । ਪਰ ਇਹ ਅੱਖਰ ਨਾਸ ਹੋ ਜਾਣਗੇ (ਭਾਵ, ਜਿਵੇਂ ਜਗਤ ਨਾਸਵੰਤ ਹੈ, ਜਗਤ ਵਿਚ ਵਰਤੀ ਜਾਣ ਵਾਲੀ ਹਰੇਕ ਚੀਜ਼ ਭੀ ਨਾਸਵੰਤ ਹੈ, ਬੋਲੀਆਂ ਭੀ ਨਾਸਵੰਤ ਹਨ, ਤੇ ਬੋਲੀਆਂ ਵਿਚ ਵਰਤੇ ਜਾਣ ਵਾਲੇ ਅੱਖਰ ਭੀ ਨਾਸਵੰਤ ਹਨ) । ਅਕਾਲ ਪੁਰਖ ਨਾਲ ਮਿਲਾਪ ਜਿਸ ਸ਼ਕਲ ਵਿਚ ਅਨੁਭਵ ਹੁੰਦਾ ਹੈ, ਉਹਦੇ ਬਿਆਨ ਕਰਨ ਲਈ ਕੋਈ ਅੱਖਰ ਅਜਿਹੇ ਨਹੀਂ ਹਨ ਜੋ ਇਹਨਾਂ ਅੱਖਰਾਂ ਵਿਚ ਆ ਸਕਣ ।੧।

ਭਾਵ—ਜਗਤ ਦੇ ਮੇਲ-ਮਿਲਾਪ ਤੇ ਵਰਤਾਰੇ ਨੂੰ ਤਾਂ ਅੱਖਰਾਂ ਦੀ ਰਾਹੀਂ ਬਿਆਨ ਕੀਤਾ ਜਾ ਸਕਦਾ ਹੈ, ਪਰ ਅਕਾਲ ਪੁਰਖ ਦਾ ਮਿਲਾਪ ਵਰਨਣ ਤੋਂ ਪਰੇ ਹੈ ।

ਜਹਾ ਬੋਲ ਤਹ ਅਛਰ ਆਵਾ ॥ ਜਹ ਅਬੋਲ ਤਹ ਮਨੁ ਨ ਰਹਾਵਾ ॥ ਬੋਲ ਅਬੋਲ ਮਧਿ ਹੈ ਸੋਈ ॥ ਜਸ ਓਹੁ ਹੈ ਤਸ ਲਖੈ ਨ ਕੋਈ ॥੨॥ {ਪੰਨਾ 340}

ਪਦਅਰਥ:- ਆਵਾ—ਆਉਂਦੇ ਹਨ, ਵਰਤੇ ਜਾਂਦੇ ਹਨ । ਜਹਾ ਬੋਲ—ਜਿਥੇ ਬਚਨ ਹਨ, ਜੋ ਅਵਸਥਾ ਬਿਆਨ ਕੀਤੀ ਜਾ ਸਕਦੀ ਹੈ । ਤਹ—ਉਸ ਅਵਸਥਾ ਵਿਚ । ਅਬੋਲ—{ਅ-ਬੋਲ} ਉਹ ਅਵਸਥਾ ਜੋ ਬਿਆਨ ਨਹੀਂ ਹੋ ਸਕਦੀ । ਨ ਰਹਾਵਾ—ਨਹੀਂ ਰਹਿੰਦਾ, ਹਸਤੀ ਮਿਟ ਜਾਂਦੀ ਹੈ । ਮਧਿ—ਵਿਚ । ਸੋਈ—ਉਹੀ ਅਕਾਲ ਪੁਰਖ । ਜਸ—ਜੈਸਾ, ਜਿਹੋ ਜਿਹਾ । ਤਸ—ਤੈਸਾ, ਤਿਹੋ ਜਿਹਾ । ਲਖੈ—ਬਿਆਨ ਕਰਦਾ ਹੈ । ਓਹੁ—ਪਰਮਾਤਮਾ ।੨।

ਅਰਥ:- ਜੋ ਵਰਤਾਰਾ ਬਿਆਨ ਕੀਤਾ ਜਾ ਸਕਦਾ ਹੈ, ਅੱਖਰ (ਕੇਵਲ) ਉਥੇ (ਹੀ) ਵਰਤੇ ਜਾਂਦੇ ਹਨ; ਜੋ ਅਵਸਥਾ ਬਿਆਨ ਤੋਂ ਪਰੇ ਹੈ (ਭਾਵ, ਜਦੋਂ ਅਕਾਲ ਪੁਰਖ ਵਿਚ ਲੀਨਤਾ ਹੁੰਦੀ ਹੈ) ਉਥੇ (ਬਿਆਨ ਕਰਨ

ਵਾਲਾ) ਮਨ (ਆਪ ਹੀ) ਨਹੀਂ ਰਹਿ ਜਾਂਦਾ । ਜਿਥੇ ਅੱਖਰ ਵਰਤੇ ਜਾ ਸਕਦੇ ਹਨ (ਭਾਵ, ਜੋ ਅਵਸਥਾ ਬਿਆਨ ਕੀਤੀ ਜਾ ਸਕਦੀ ਹੈ) ਤੇ ਜਿਸ ਹਾਲਤ ਦਾ ਬਿਆਨ ਨਹੀਂ ਹੋ ਸਕਦਾ (ਭਾਵ, ਪਰਮਾਤਮਾ ਵਿਚ ਲੀਨਤਾ ਦੀ ਅਵਸਥਾ)—ਇਹਨੀਂ (ਦੋਹੀਂ) ਥਾਈਂ ਪਰਮਾਤਮਾ ਆਪ ਹੀ ਹੈ ਅਤੇ ਜਿਹੋ ਜਿਹਾ ਉਹ (ਪਰਮਾਤਮਾ) ਹੈ ਤਿਹੋ ਜਿਹਾ (ਹੂ-ਬ-ਹੂ) ਕੋਈ ਬਿਆਨ ਨਹੀਂ ਕਰ ਸਕਦਾ ।੨।

ਅਲਹ ਲਹਉ ਤਉ ਕਿਆ ਕਹਉ ਕਹਉ ਤ ਕੋ ਉਪਕਾਰ ॥ ਬਟਕ ਬੀਜ ਮਹਿ ਰਵਿ ਰਹਿਓ ਜਾ ਕੋ ਤੀਨਿ ਲੋਕ ਬਿਸਥਾਰ ॥੩॥ {ਪੰਨਾ 340}

ਪਦਅਰਥ:- ਅਲਹ—ਅਲੱਭ, ਜੋ ਵੇਖਿਆ ਨਹੀਂ ਜਾ ਸਕਦਾ । ਲਹਉ—(ਜੇ) ਮੈਂ ਲੱਭ ਲਵਾਂ । ਕਿਆ ਕਹਉ—ਮੈਂ ਕੀਹ ਆਖਾਂ? ਮੈਥੋਂ ਬਿਆਨ ਨਹੀਂ ਹੋ ਸਕਦਾ । ਕੋ—ਕੀਹ? ਉਪਕਾਰ—ਭਲਾਈ । ਬਟਕ—ਬੋਹੜ । ਜਾ ਕੋ—ਜਿਸ (ਅਕਾਲ ਪੁਰਖ) ਦਾ ।੩।

ਅਰਥ:- ਜੇ ਉਸ ਅਲੱਭ (ਪਰਮਾਤਮਾ) ਨੂੰ ਮੈਂ ਲੱਭ (ਭੀ) ਲਵਾਂ ਤਾਂ ਮੈਂ (ਉਸ ਦਾ ਸਹੀ ਸਰੂਪ) ਬਿਆਨ ਨਹੀਂ ਕਰ ਸਕਦਾ; ਜੇ (ਕੁਝ) ਬਿਆਨ ਕਰਾਂ ਭੀ ਤਾਂ ਉਸ ਦਾ ਕਿਸੇ ਨੂੰ ਲਾਭ ਨਹੀਂ ਹੋ ਸਕਦਾ । (ਉਂਵ) ਜਿਸ ਪਰਮਾਤਮਾ ਦਾ ਇਹ ਤਿੰਨੇ ਲੋਕ (ਭਾਵ, ਸਾਰਾ ਜਗਤ) ਪਸਾਰਾ ਹਨ, ਉਹ ਇਸ ਵਿਚ ਇਉਂ ਵਿਆਪਕ ਹੈ ਜਿਵੇਂ ਬੋਹੜ (ਦਾ ਰੁੱਖ) ਬੀਜ ਵਿਚ (ਅਤੇ ਬੀਜ, ਬੋਹੜ ਵਿਚ) ਹੈ ।੩।

ਅਲਹ ਲਹੰਤਾ ਭੇਦ ਛੈ ਕਛੁ ਕਛੁ ਪਾਇਓ ਭੇਦ ॥ ਉਲਟਿ ਭੇਦ ਮਨੁ ਬੇਧਿਓ ਪਾਇਓ ਅਭੰਗ ਅਛੇਦ ॥੪॥ {ਪੰਨਾ 340}

ਪਦਅਰਥ:- ਅਲਹ ਲਹੰਤਾ—ਅਲੱਭ (ਅਕਾਲ ਪੁਰਖ) ਨੂੰ ਲੱਭਦਿਆਂ ਲੱਭਦਿਆਂ । ਭੇਦ ਛੈ—ਭੇਦ ਦਾ ਛੈ, ਦੁਬਿਧਾ ਦਾ ਨਾਸ । ਕਛੁ ਕਛੁ—ਕੁਝ ਕੁਝ, ਥੋੜਾ ਥੋੜਾ । ਭੇਦ—ਭੇਤ, ਸੂਝ । ਉਲਟਿ ਭੇਦ—ਦੁਬਿਧਾ ਨੂੰ ਉਲਟਿਆਂ, ਦੁਬਿਧਾ ਦਾ ਨਾਸ ਹੋਇਆਂ । ਬੇਧਿਓ—ਵਿੰਨ੍ਹਿਆ ਗਿਆ । ਅਭੰਗ—{ਅ-ਭੰਗ} ਜਿਸ ਦਾ ਨਾਸ ਨਾਹ ਹੋ ਸਕੇ । ਅਛੇਦ—{ਅ-ਛੇਦ} ਜੋ ਵਿੰਨ੍ਹਿਆ ਨਾਹ ਜਾ ਸਕੇ ।੪।

ਅਰਥ:- ਪਰਮਾਤਮਾ ਨੂੰ ਮਿਲਣ ਦਾ ਜਤਨ ਕਰਦਿਆਂ ਕਰਦਿਆਂ (ਮੇਰੀ) ਦੁਬਿਧਾ ਦਾ ਨਾਸ ਹੋ ਗਿਆ ਹੈ, ਅਤੇ (ਦੁਬਿਧਾ ਦਾ ਨਾਸ ਹੋਇਆਂ ਮੈਂ ਪਰਮਾਤਮਾ ਦਾ) ਕੁਝ ਕੁਝ ਰਾਜ਼ ਸਮਝ ਲਿਆ ਹੈ । ਦੁਬਿਧਾ ਨੂੰ ਉਲਟਿਆਂ (ਮੇਰਾ) ਮਨ (ਪਰਮਾਤਮਾ ਵਿਚ) ਵਿੱਝ ਗਿਆ ਹੈ ਅਤੇ ਮੈਂ ਉਸ ਅਬਿਨਾਸ਼ੀ ਤੇ ਅਵਿੱਝ ਪ੍ਰਭੂ ਨੂੰ ਪ੍ਰਾਪਤ ਕਰ ਲਿਆ ਹੈ ।੪।

ਤੁਰਕ ਤਰੀਕਤਿ ਜਾਨੀਐ ਹਿੰਦੂ ਬੇਦ ਪੁਰਾਨ ॥ ਮਨ ਸਮਝਾਵਨ ਕਾਰਨੇ ਕਛੂਅਕ ਪੜੀਐ ਗਿਆਨ ॥੫॥ {ਪੰਨਾ 340}

ਪਦਅਰਥ:- ਤਰੀਕਤਿ—ਮੁਸਲਮਾਨ ਫ਼ਕੀਰ ਰੱਬ ਨੂੰ ਮਿਲਣ ਦੇ ਰਾਹ ਦੇ ਚਾਰ ਦਰਜੇ ਮੰਨਦੇ ਹਨ—ਸ਼ਰੀਅਤ, ਤਰੀਕਤ, ਮਾਅਰਫ਼ਤ ਅਤੇ ਹਕੀਕਤ । ਤਰੀਕਤ ਦੂਜਾ ਦਰਜਾ ਹੈ ਜਿਸ ਵਿਚ ਹਿਰਦੇ ਦੀ ਪਵਿੱਤ੍ਰਤਾ ਦੇ ਢੰਗ ਦੱਸੇ ਗਏ ਹਨ । ਕਾਰਨੇ—ਵਾਸਤੇ । ਕਛੂਅ ਕ—ਥੋੜ੍ਹਾ ਜਿਹਾ, ਥੋੜ੍ਹਾ ਬਹੁਤ, ਕੁਝ ਨ ਕੁਝ । ਸਮਝਾਵਨ ਕਾਰਨੇ—ਸਮਝਾਣ ਵਾਸਤੇ । ਮਨ ਸਮਝਾਵਨ ਕਾਰਨੇ—ਮਨ ਨੂੰ ਸਮਝਾਉਣ ਲਈ, ਮਨ ਵਿਚੋਂ ਭੇਦ ਦਾ ਛੈ ਕਰਨ ਲਈ, ਮਨ ਵਿਚੋਂ ਦੁਬਿਧਾ ਮਿਟਾਉਣ ਲਈ, ਮਨ ਨੂੰ ਉੱਚੇ ਜੀਵਨ ਦੀ ਸੂਝ ਦੇਣ ਲਈ ।੫।

ਅਰਥ:- (ਦੁਬਿਧਾ ਨੂੰ ਮਿਟਾ ਕੇ ਪ੍ਰਭੂ-ਚਰਨਾਂ ਵਿਚ ਜੁੜੇ ਰਹਿਣ ਲਈ) ਮਨ ਨੂੰ ਉੱਚੇ ਜੀਵਨ ਦੀ ਸੂਝ ਦੇਣ ਵਾਸਤੇ (ਉੱਚੀ) ਵਿਚਾਰ ਵਾਲੀ ਬਾਣੀ ਥੋੜ੍ਹੀ ਬਹੁਤ ਪੜ੍ਹਨੀ ਜ਼ਰੂਰੀ ਹੈ; ਤਾਹੀਏਂ (ਚੰਗਾ) ਮੁਸਲਮਾਨ ਉਸ ਨੂੰ ਸਮਝਿਆ ਜਾਂਦਾ ਹੈ ਜੋ ਤਰੀਕਤ ਵਿਚ ਲੱਗਾ ਹੋਵੇ, ਅਤੇ (ਚੰਗਾ) ਹਿੰਦੂ ਉਸ ਨੂੰ, ਜੋ ਵੇਦਾਂ ਪੁਰਾਨਾਂ ਦੀ ਖੋਜ ਕਰਦਾ ਹੋਵੇ ।੫।

ਨੋਟ:- ਇਥੋਂ ਤਕ ਕਬੀਰ ਜੀ ਉਥਾਨਕਾ ਜਿਹੀ ਬੰਨ੍ਹਦੇ ਹਨ ਕਿ ਪਰਮਾਤਮਾ ਨਾਲ ਮਿਲਾਪ ਦੀ ਅਵਸਥਾ ਲਫ਼ਜ਼ਾਂ ਨਾਲ ਬਿਆਨ ਨਹੀਂ ਹੋ ਸਕਦੀ; ਕਿਉਂਕਿ ਬਿਆਨ ਕਰਨ ਵਾਲਾ ਮਨ ਆਪ ਹੀ ਆਪਣਾ ਆਪ ਮਿਟਾ ਚੁਕਦਾ ਹੈ, ਤੇ ਜੇ ਉਸ ਮਿਲਾਪ ਦੇ ਅਨੰਦ ਨੂੰ ਥੋੜ੍ਹਾ ਬਹੁਤ ਬਿਆਨ ਕਰਨ ਦਾ ਜਤਨ ਭੀ ਕਰੇ ਤਾਂ ਸੁਣਨ ਵਾਲੇ ਨੂੰ ਨਿਰਾ ਸੁਣਿਆਂ ਉਸ ਅਨੰਦ ਦੀ ਸਮਝ ਨਹੀਂ ਆ ਸਕਦੀ । ਹਾਂ; ਜੋ ਮਨ ਉਸ ਮੇਲ-ਅਵਸਥਾ ਵਿਚ ਅੱਪੜਣ ਦਾ ਜਤਨ ਕਰਦਾ ਹੈ, ਉਸ ਦੇ ਆਪਣੇ ਅੰਦਰ ਤਬਦੀਲੀ ਆ ਜਾਂਦੀ ਹੈ, ਉਸ ਵਿਚੋਂ ਮੇਰ-ਤੇਰ ਮਿਟ ਜਾਂਦੀ ਹੈ; ਤੇ ਇਸ ਸੁਚੱਜੇ ਰਸਤੇ ਦੀ ਸਮਝ ਪੈਂਦੀ ਹੈ ਗੁਰੂ ਦਾ ਗਿਆਨ ਪ੍ਰਾਪਤ ਕੀਤਿਆਂ, ਗੁਰੂ ਦੇ ਦੱਸੇ ਪੂਰਨਿਆਂ ਨੂੰ ਸਮਝਿਆਂ । ਗੁਰੂ ਦੇ ਦੱਸੇ ਉਹ ਪੂਰਨੇ ਕਿਹੜੇ ਹਨ? ਗੁਰੂ ਦੀ ਦੱਸੀ ਹੋਈ ਉਹ ਵਿਚਾਰ ਕੀਹ ਹੈ?—ਇਸ ਦਾ ਜ਼ਿਕਰ ਕਬੀਰ ਜੀ ਅਗਲੀਆਂ ਪਉੜੀਆਂ ਵਿਚ ਕਰਦੇ ਹਨ ।

ਓਅੰਕਾਰ ਆਦਿ ਮੈ ਜਾਨਾ ॥ ਲਿਖਿ ਅਰੁ ਮੇਟੈ ਤਾਹਿ ਨ ਮਾਨਾ ॥ ਓਅੰਕਾਰ ਲਖੈ ਜਉ ਕੋਈ ॥ ਸੋਈ ਲਖਿ ਮੇਟਣਾ ਨ ਹੋਈ ॥੬॥ {ਪੰਨਾ 340}

ਪਦਅਰਥ:- ਓਅੰਕਾਰ—{ਓਅੰ-ਕਾਰ} ਇਕ-ਰਸ ਸਭ ਥਾਂ ਵਿਆਪਕ ਪਰਮਾਤਮਾ । ਆਦਿ—ਮੁੱਢ, ਮੂਲ, ਸਭ ਦਾ ਬਨਾਉਣ ਵਾਲਾ । ਮੈ ਜਾਨਾ—ਮੈਂ ਜਾਣਦਾ ਹਾਂ, ਮੈਂ (ਉਸ ਨੂੰ ਅਮਿਟ ਅਵਿਨਾਸ਼ੀ) ਜਾਣਦਾ ਹਾਂ । ਲਿਖਿ—ਲਿਖੇ, ਲਿਖਦਾ ਹੈ, ਰਚਦਾ ਹੈ, ਪੈਦਾ ਕਰਦਾ ਹੈ । ਅਰੁ—ਅਤੇ । ਮੇਟੈ—ਮਿਟਾ ਦੇਂਦਾ ਹੈ, ਨਾਸ ਕਰ ਦੇਂਦਾ ਹੈ । ਤਾਹਿ—ਉਸ (ਵਿਅਕਤੀ) ਨੂੰ । ਜਉ—ਜੇ । ਲਖੈ—ਸਮਝ ਲਏ । ਸੋਈ ਲਖਿ—ਉਸ ਪ੍ਰਭੂ ਨੂੰ ਸਮਝ ਕੇ । ਮੇਟਣਾ—ਨਾਸ ।੬।

ਅਰਥ:- ਜੋ ਇੱਕ-ਰਸ ਸਭ ਥਾਂ ਵਿਆਪਕ ਪਰਮਾਤਮਾ ਸਭ ਨੂੰ ਬਣਾਉਣ ਵਾਲਾ ਹੈ, ਮੈਂ ਉਸ ਨੂੰ ਅਬਿਨਾਸੀ ਸਮਝਦਾ ਹਾਂ; ਹੋਰ ਜਿਸ ਵਿਅੱਕਤੀ ਨੂੰ ਉਹ ਪ੍ਰਭੂ ਪੈਦਾ ਕਰਦਾ ਹੈ ਤੇ ਫਿਰ ਮਿਟਾ ਦੇਂਦਾ ਹੈ ਉਸ ਨੂੰ ਮੈਂ (ਪਰਮਾਤਮਾ ਦੇ ਤੁੱਲ) ਨਹੀਂ ਮੰਨਦਾ । ਜੇ ਕੋਈ ਮਨੁੱਖ ਉਸ ਸਰਬ-ਵਿਆਪਕ ਪਰਮਾਤਮਾ ਨੂੰ ਸਮਝ ਲਏ (ਭਾਵ, ਆਪਣੇ ਅੰਦਰ ਅਨੁਭਵ ਕਰ ਲਏ) ਤਾਂ ਉਸ ਨੂੰ ਸਮਝਿਆਂ (ਉਸ ਮਨੁੱਖ ਦੀ ਉਸ ਉੱਚੀ ਆਤਮਕ ਸੁਰਤ ਦਾ) ਨਾਸ ਨਹੀਂ ਹੁੰਦਾ ।੬।

ਕਕਾ ਕਿਰਣਿ ਕਮਲ ਮਹਿ ਪਾਵਾ ॥ ਸਸਿ ਬਿਗਾਸ ਸੰਪਟ ਨਹੀ ਆਵਾ ॥ ਅਰੁ ਜੇ ਤਹਾ ਕੁਸਮ ਰਸੁ ਪਾਵਾ ॥ ਅਕਹ ਕਹਾ ਕਹਿ ਕਾ ਸਮਝਾਵਾ ॥੭॥ {ਪੰਨਾ 340}

ਨੋਟ:- ਸੂਰਜ ਚੜ੍ਹਨ ਤੇ ਕੌਲ ਫੁੱਲ ਖਿੜਦਾ ਹੈ, ਤੇ ਰਾਤ ਵੇਲੇ ਚੰਦ੍ਰਮਾ ਚੜ੍ਹਿਆਂ ਫਿਰ ਮੀਟਿਆ ਜਾਂਦਾ ਹੈ । ਕੌਲ ਫੁੱਲ ਦਿਨੇ ਖਿੜਦੇ ਹਨ ਤੇ ਕੰਮੀਆਂ ਰਾਤ ਨੂੰ ਖਿੜਦੀਆਂ ਹਨ ।

ਪਦਅਰਥ:- ਕਕਾ—ਕੱਕਾ ਅੱਖਰ । ਕਿਰਣਿ—ਸੂਰਜ ਦੀ ਕਿਰਨ, ਗਿਆਨ-ਰੂਪ ਸੂਰਜ ਦੀ ਕਿਰਨ । ਪਾਵਾ—ਜੇ ਮੈਂ ਪਾ ਲਵਾਂ । ਕਮਲ ਮਹਿ—ਹਿਰਦੇ-ਰੂਪ ਕੌਲ ਫੁੱਲ ਵਿਚ । ਸਸਿ—ਚੰਦ੍ਰਮਾ । ਬਿਗਾਸ—ਚਾਨਣ । ਸਸਿ ਬਿਗਾਸ—ਚੰਦ੍ਰਮਾ ਦੀ ਚਾਨਣੀ । ਸੰਪਟ—{ਸੰ: ਸੰਪੁਟ} ਢੱਕਣ ਨਾਲ ਢੱਕਿਆ ਹੋਇਆ ਡੱਬਾ । ਸੰਪਟ

ਨਹੀ ਆਵਾ—ਢੱਕਿਆ ਹੋਇਆ ਡੱਬਾ ਨਹੀਂ ਬਣ ਜਾਂਦਾ, (ਖਿੜਿਆ ਹੋਇਆ ਕੌਲ-ਫੁੱਲ ਮੁੜ) ਮੀਟਿਆ ਨਹੀਂ ਜਾਂਦਾ । ਅਰੁ—ਅਤੇ । ਤਹਾ—ਉੱਥੇ, ਉਸ ਖਿੜਾਉ ਦੀ ਹਾਲਤ ਵਿਚ, ਉੱਥੇ ਜਿੱਥੇ ਹਿਰਦੇ ਦਾ ਕੌਲ-ਫੁੱਲ ਖਿੜਿਆ ਹੋਇਆ ਹੈ । ਕੁਸਮ ਰਸੁ—(ਖਿੜੇ ਹੋਏ) ਫੁੱਲ ਦਾ ਰਸ, (ਗਿਆਨ-ਰੂਪ ਸੂਰਜ ਦੀ ਕਿਰਨ ਨਾਲ ਖਿੜੇ ਹੋਏ ਹਿਰਦੇ-ਰੂਪ ਕੌਲ) ਫੁੱਲ ਦਾ ਅਨੰਦ । ਪਾਵਾ—ਪਾ ਲਵਾਂ । ਅਕਹ—{ਅ-ਕਹ} ਬਿਆਨ ਤੋਂ ਬਾਹਰ । ਅਕਹ ਕਹਾ—ਉਸ ਦਾ ਬਿਆਨ ਕਥਨ ਤੋਂ ਪਰੇ । ਕਹਿ—ਕਹਿ ਕੇ । ਕਾ—ਕੀਹ? ।੭।

ਅਰਥ:- ਜੇ ਮੈਂ (ਗਿਆਨ-ਰੂਪ ਸੂਰਜ ਦੀ) ਕਿਰਨ (ਹਿਰਦੇ-ਰੂਪ) ਕੌਲ-ਫੁੱਲ ਵਿਚ ਟਿਕਾ ਲਵਾਂ, ਤਾਂ (ਮਾਇਆ-ਰੂਪ) ਚੰਦ੍ਰਮਾ ਦੀ ਚਾਨਣੀ ਨਾਲ, ਉਹ (ਖਿੜਿਆ ਹੋਇਆ ਹਿਰਦਾ-ਫੁੱਲ) (ਮੁੜ) ਮੀਟਿਆ ਨਹੀਂ ਜਾਂਦਾ । ਅਤੇ ਜੇ ਕਦੇ ਮੈਂ ਉਸ ਖਿੜਾਉ ਦੀ ਹਾਲਤ ਵਿਚ (ਅੱਪੜ ਕੇ) (ਉਸ ਖਿੜੇ ਹੋਏ ਹਿਰਦੇ-ਰੂਪ ਕੌਲ) ਫੁੱਲ ਦਾ ਆਨੰਦ (ਭੀ) ਮਾਣ ਸਕਾਂ, ਤਾਂ ਉਸ ਦਾ ਬਿਆਨ ਕਥਨ ਤੋਂ ਪਰੇ ਹੈ । ਉਹ ਮੈਂ ਆਖ ਕੇ ਕੀਹ ਸਮਝਾ ਸਕਦਾ ਹਾਂ? ।੭।

ਖਖਾ ਇਹੈ ਖੋੜਿ ਮਨ ਆਵਾ ॥ ਖੋੜੇ ਛਾਡਿ ਨ ਦਹ ਦਿਸ ਧਾਵਾ ॥ ਖਸਮਹਿ ਜਾਣਿ ਖਿਮਾ ਕਰਿ ਰਹੈ ॥ ਤਉ ਹੋਇ ਨਿਖਿਅਉ ਅਖੈ ਪਦੁ ਲਹੈ ॥੮॥ {ਪੰਨਾ 340}

ਨੋਟ:- ਕਈ ਰੁੱਖਾਂ ਦੇ ਟਾਹਣ ਅੰਦਰੋਂ ਪੋਲੇ ਹੋ ਜਾਂਦੇ ਹਨ ਤੇ ਉਹਨਾਂ ਵਿਚ ਖੋੜਾਂ (ਖ਼ਾਲੀ ਪੋਲੇ ਥਾਂ) ਬਣ ਜਾਂਦੀਆਂ ਹਨ । ਇਹਨਾਂ ਖੋੜਾਂ ਵਿਚ ਪੰਛੀ ਰਹਿਣ ਲੱਗ ਪੈਂਦੇ ਹਨ । ਪੇਟ ਭਰਨ ਲਈ ਸਾਰਾ ਦਿਨ ਬਾਹਰ ਦੂਰ ਦੂਰ ਉਡਦੇ ਫਿਰਦੇ ਹਨ, ਪਰ ਰਾਤ ਨੂੰ ਮੁੜ ਉਸ ਖੋੜ ਵਿਚ ਆ ਟਿਕਦੇ ਹਨ । ਇਹ ਮਨੁੱਖਾ-ਸਰੀਰ ਮਨ ਨੂੰ ਰਹਿਣ ਲਈ ਖੋੜ ਮਿਲੀ ਹੋਈ ਹੈ, ਪਰ ਇਹ ਮਨ-ਪੰਛੀ ਮਾਇਆ ਦੇ ਮੋਹ ਕਰਕੇ ਹਰ ਵੇਲੇ ਬਾਹਰ ਹੀ ਭਟਕਦਾ ਫਿਰਦਾ ਹੈ ।

ਪਦਅਰਥ:- ਇਹੈ ਮਨੁ—ਇਹ ਮਨ ਜਿਸ ਨੂੰ ਗਿਆਨ-ਕਿਰਨ ਪ੍ਰਾਪਤ ਹੋ ਚੁੱਕੀ ਹੈ । ਖੋੜਿ—ਅੰਤਰ-ਆਤਮਾ ਰੂਪ ਖੋੜ ਵਿਚ, ਸ੍ਵੈ-ਸਰੂਪ ਵਿਚ, ਪ੍ਰਭੂ-ਚਰਨਾਂ ਵਿਚ । ਆਵਾ—ਆਉਂਦਾ ਹੈ । ਦਹ ਦਿਸ—ਦਸੀਂ ਪਾਸੀਂ । ਨ ਧਾਵਾ—ਨਹੀਂ ਧਾਉਂਦਾ, ਨਹੀਂ ਦੌੜਦਾ । ਖਸਮਹਿ—ਖਸਮ-ਪ੍ਰਭੂ ਨੂੰ । ਜਾਣਿ—ਜਾਣ ਕੇ, ਪਛਾਣ ਕੇ । ਖਿਮਾਕਰਿ—{ਖਿਮਾ+ਆਕਰਿ । ਆਕਰ—ਖਾਣ, ਸੋਮਾ । ਖਿਮਾ ਆਕਰ—ਖਿਮਾ ਦੀ ਖਾਣ, ਖਿਮਾ ਦਾ ਸੋਮਾ} । ਖਿਮਾ ਦੇ ਸੋਮੇ ਪਰਮਾਤਮਾ ਵਿਚ । ਰਹੈ—ਟਿਕਿਆ ਰਹਿੰਦਾ ਹੈ । ਨਿਖਿਅਉ—{ਨਿ-ਖਿਅਉ । ਖਿਅਉ—ਖੈ, ਨਾਸ । ਨਿ—ਬਿਨਾ} ਨਾਸ-ਰਹਿਤ । ਅਖੈ—{ਅ-ਖੈ} ਨਾਸ-ਰਹਿਤ । ਪਦੁ—ਦਰਜਾ, ਪਦਵੀ । ਲਹੈ—ਹਾਸਲ ਕਰ ਲੈਂਦਾ ਹੈ ।੮।

ਅਰਥ:- ਜਦੋਂ ਇਹ ਮਨ (-ਪੰਛੀ ਜਿਸ ਨੂੰ ਗਿਆਨ-ਕਿਰਨ ਮਿਲ ਚੁੱਕੀ ਹੈ) ਸ੍ਵੈ-ਸਰੂਪ ਦੀ ਖੋੜ ਵਿਚ (ਭਾਵ, ਪ੍ਰਭੂ-ਚਰਨਾਂ ਵਿਚ) ਆ ਟਿਕਦਾ ਹੈ ਤਾਂ ਇਸ ਆਹਲਣੇ (ਭਾਵ, ਪ੍ਰਭੂ-ਚਰਨਾਂ) ਨੂੰ ਛੱਡ ਕੇ ਦਸੀਂ ਪਾਸੀਂ ਨਹੀਂ ਦੌੜਦਾ । ਖਸਮ-ਪ੍ਰਭੂ ਨਾਲ ਸਾਂਝ ਪਾ ਕੇ ਖਿਮਾ ਦੇ ਸੋਮੇ ਪ੍ਰਭੂ ਵਿਚ ਟਿਕਿਆ ਰਹਿੰਦਾ ਹੈ, ਤੇ ਤਦੋਂ ਅਵਿਨਾਸ਼ੀ (ਪ੍ਰਭੂ ਨਾਲ ਇੱਕ-ਰੂਪ) ਹੋ ਕੇ ਉਹ ਪਦਵੀ ਪ੍ਰਾਪਤ ਕਰ ਲੈਂਦਾ ਹੈ ਜੋ ਕਦੇ ਨਾਸ ਨਹੀਂ ਹੁੰਦੀ ।੮।

ਗਗਾ ਗੁਰ ਕੇ ਬਚਨ ਪਛਾਨਾ ॥ ਦੂਜੀ ਬਾਤ ਨ ਧਰਈ ਕਾਨਾ ॥ ਰਹੈ ਬਿਹੰਗਮ ਕਤਹਿ ਨ ਜਾਈ ॥ ਅਗਹ ਗਹੈ ਗਹਿ ਗਗਨ ਰਹਾਈ ॥੯॥ {ਪੰਨਾ 340}

ਪਦਅਰਥ:- ਪਛਾਨਾ—(ਪ੍ਰਭੂ ਨੂੰ) ਪਛਾਣ ਲਿਆ ਹੈ, ਪ੍ਰਭੂ ਨਾਲ ਸਾਂਝ ਪਾ ਲਈ ਹੈ । ਨ ਧਰਈ ਕਾਨਾ—ਕੰਨ

ਨਹੀਂ ਧਰਦਾ, ਗਹੁ ਨਾਲ ਨਹੀਂ ਸੁਣਦਾ, ਖਿੱਚ ਨਹੀਂ ਪੈਂਦੀ । ਬਿਹੰਗਮ—{ਸੰ: ਵਿਹੰਗਮ—a bird} ਪੰਛੀ, ਉਹ ਮਨੁੱਖ ਜੋ ਜਗਤ ਵਿਚ ਆਪਣਾ ਨਿਵਾਸ ਇਉਂ ਸਮਝਦਾ ਹੈ ਜਿਵੇਂ ਪੰਛੀ ਕਿਸੇ ਰੁੱਖ ਉਤੇ ਰਾਤ ਕੱਟ ਕੇ ਸਵੇਰੇ ਉੱਡ ਜਾਂਦਾ ਹੈ, ਉਸ ਰੁੱਖ ਨਾਲ ਮੋਹ ਨਹੀਂ ਪਾ ਲੈਂਦਾ । ਕਤਹਿ—ਕਿਸੇ ਹੋਰ ਪਾਸੇ । ਅਗਹ—{ਅ-ਗਹ} ਨਾਹ ਫੜਿਆ ਜਾਣ ਵਾਲਾ, ਜਿਸ ਨੂੰ ਮਾਇਆ ਗ੍ਰਸ ਨਹੀਂ ਸਕਦੀ । ਗਹੈ—ਫੜ ਲੈਂਦਾ ਹੈ, ਆਪਣੇ ਅੰਦਰ ਵਸਾ ਲੈਂਦਾ ਹੈ । ਗਹਿ—ਫੜ ਕੇ, ਅੰਦਰ ਵਸਾ ਕੇ । ਗਗਨ—ਅਕਾਸ਼ । ਗਗਨ ਰਹਾਈ—ਅਕਾਸ਼ ਵਿਚ ਰਹਿੰਦਾ ਹੈ, ਮਨ-ਪੰਛੀ ਅਕਾਸ਼ ਵਿਚ ਉਡਾਰੀਆਂ ਲਾਉਂਦਾ ਹੈ, ਦਸਮ-ਦੁਆਰ ਵਿਚ ਟਿਕਿਆ ਰਹਿੰਦਾ ਹੈ, ਸੁਰਤ ਉੱਚੀ ਰਹਿੰਦੀ ਹੈ, ਸੁਰਤ ਪ੍ਰਭੂ-ਚਰਨਾਂ ਵਿਚ ਰਹਿੰਦੀ ਹੈ ।੯।

ਅਰਥ:- ਜਿਸ ਮਨੁੱਖ ਨੇ ਸਤਿਗੁਰੂ ਦੀ ਬਾਣੀ ਦੀ ਰਾਹੀਂ ਪਰਮਾਤਮਾ ਨਾਲ ਸਾਂਝ ਪਾ ਲਈ ਹੈ, ਉਸ ਨੂੰ (ਪ੍ਰਭੂ ਦੀ ਸਿਫ਼ਤਿ-ਸਾਲਾਹ ਤੋਂ ਬਿਨਾ) ਕੋਈ ਹੋਰ ਗੱਲ ਖਿੱਚ ਨਹੀਂ ਪਾਂਦੀ । ਉਹ ਪੰਛੀ (ਵਾਂਗ ਸਦਾ ਨਿਰਮੋਹ) ਰਹਿੰਦਾ ਹੈ; ਕਿਤੇ ਭੀ ਭਟਕਦਾ ਨਹੀਂ; ਜਿਸ ਪ੍ਰਭੂ ਨੂੰ ਜਗਤ ਦੀ ਮਾਇਆ ਗ੍ਰਸ ਨਹੀਂ ਸਕਦੀ, ਉਸ ਨੂੰ ਉਹ ਆਪਣੇ ਹਿਰਦੇ ਵਿਚ ਵਸਾ ਲੈਂਦਾ ਹੈ; ਹਿਰਦੇ ਵਿਚ ਵਸਾ ਕੇ ਆਪਣੀ ਸੁਰਤ ਨੂੰ ਪ੍ਰਭੂ-ਚਰਨਾਂ ਵਿਚ ਟਿਕਾਈ ਰੱਖਦਾ ਹੈ (ਜਿਵੇਂ ਚੋਗ ਨਾਲ ਪੇਟ ਭਰ ਕੇ ਪੰਛੀ ਮੌਜ ਵਿਚ ਆ ਕੇ ਉੱਚਾ ਅਕਾਸ਼ ਵਿਚ ਤਾਰੀਆਂ ਲਾਂਦਾ ਹੈ) ।੯।

ਨੋਟ:- ਇੱਲਾਂ ਰੱਜ ਕੇ ਦੂਰ ਉੱਚੀਆਂ ਅਕਾਸ਼ ਵਿਚ ਘੰਟਿਆਂ-ਬੱਧੀ ਇਕ-ਤਾਰ ਖੰਭ ਖਿਲਾਰ ਕੇ ਤਾਰੀਆਂ ਲਾਂਦੀਆਂ ਰਹਿੰਦੀਆਂ ਹਨ ।

ਘਘਾ ਘਟਿ ਘਟਿ ਨਿਮਸੈ ਸੋਈ ॥ ਘਟ ਫੂਟੇ ਘਟਿ ਕਬਹਿ ਨ ਹੋਈ ॥ ਤਾ ਘਟ ਮਾਹਿ ਘਾਟ ਜਉ ਪਾਵਾ ॥ ਸੋ ਘਟੁ ਛਾਡਿ ਅਵਘਟ ਕਤ ਧਾਵਾ ॥੧੦॥ {ਪੰਨਾ 340}

ਪਦਅਰਥ:- ਘਟਿ—ਘਟ ਵਿਚ, ਸਰੀਰ ਵਿਚ, ਸਰੀਰ-ਰੂਪ ਘੜੇ ਵਿਚ । ਘਟਿ ਘਟਿ—ਹਰੇਕ ਘਟ ਵਿਚ । ਨਿਮਸੈ—ਨਿਵਾਸ ਰੱਖਦਾ ਹੈ, ਵੱਸਦਾ ਹੈ । ਸੋਈ—ਉਹ (ਪ੍ਰਭੂ) ਹੀ । ਘਟ ਫੂਟੇ—ਜੇ (ਕੋਈ ਸਰੀਰ-ਰੂਪ) ਘੜਾ ਟੁੱਟ ਜਾਏ । ਘਟਿ ਨ ਹੋਈ—ਘਟਦਾ ਨਹੀਂ, ਘੱਟ ਨਹੀਂ ਹੁੰਦਾ, ਪ੍ਰਭੂ ਦੀ ਹਸਤੀ ਵਿਚ ਕੋਈ ਊਣਤਾ ਨਹੀਂ ਆਉਂਦੀ, ਕੋਈ ਘਾਟਾ ਨਹੀਂ ਪੈਂਦਾ । {ਨੋਟ:- ਪਹਿਲੀ ਤੁਕ ਵਿਚ ਦਾ ਲਫ਼ਜ਼ 'ਘਟਿ' ਵਿਆਕਰਣ ਅਨੁਸਾਰ 'ਨਾਂਵ' ਹੈ, 'ਅਧਿਕਰਨ ਕਾਰਕ'; ਦੂਜੀ ਤੁਕ ਵਿਚ ਦਾ ਲਫ਼ਜ਼ "ਘਟਿ" ਲਫ਼ਜ਼ 'ਹੋਈ' ਨਾਲ ਮਿਲ ਕੇ 'ਕ੍ਰਿਆ' ਹੈ} । ਘਾਟ—ਪੱਤਣ ਜਿੱਥੇ ਬੇੜੀਆਂ ਰਾਹੀਂ ਦਰਿਆ ਤੋਂ ਪਾਰ ਲੰਘੀਦਾ ਹੈ । ਜਉ—ਜੇ, ਜਦੋਂ । ਪਾਵਾ—ਪਾ ਲਿਆ, ਲੱਭ ਲਿਆ । ਅਵਘਟ—{ਸੰ: ਅਵਘੱਟ} ਖੱਡ । ਘਟੁ—{ਸੰ: ਘੱਟ} ਦਰਿਆ ਦਾ ਪੱਤਣ {ਸੰ: ਘੱਟ-ਜੀਵੀ—ਪੱਤਣ ਤੇ ਰੋਜ਼ੀ ਕਮਾਉਣ ਵਾਲਾ, ਮਲਾਹ} । ਕਤ—ਕਿੱਥੇ? ਧਾਵਾ—ਧਾਉਂਦਾ ਹੈ, ਦੌੜਦਾ ਹੈ । ਕਤ ਧਾਵਾ—ਕਿੱਥੇ ਦੌੜਦਾ ਹੈ? (ਭਾਵ) ਕਿਤੇ ਨਹੀਂ ਭਟਕਦਾ ।੧੦।

ਅਰਥ:- ਹਰੇਕ ਸਰੀਰ ਵਿਚ ਉਹ ਪ੍ਰਭੂ ਹੀ ਵੱਸਦਾ ਹੈ । ਜੇ ਕੋਈ ਸਰੀਰ (-ਰੂਪ ਘੜਾ) ਭੱਜ ਜਾਏ ਤਾਂ ਕਦੇ ਪ੍ਰਭੂ ਦੀ ਹੋਂਦ ਵਿਚ ਕੋਈ ਘਾਟਾ ਨਹੀਂ ਪੈਂਦਾ । ਜਦੋਂ (ਕੋਈ ਜੀਵ) ਇਸ ਸਰੀਰ ਦੇ ਅੰਦਰ ਹੀ (ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ) ਪੱਤਣ ਲੱਭ ਲੈਂਦਾ ਹੈ, ਤਾਂ ਇਸ ਪੱਤਣ ਨੂੰ ਛੱਡ ਕੇ ਉਹ ਖੱਡਾਂ ਵਿਚ ਕਿਤੇ ਨਹੀਂ ਭਟਕਦਾ ਫਿਰਦਾ ।੧੦।

ਙੰਙਾ ਨਿਗ੍ਰਹਿ ਸਨੇਹੁ ਕਰਿ ਨਿਰਵਾਰੋ ਸੰਦੇਹ ॥ ਨਾਹੀ ਦੇਖਿ ਨ ਭਾਜੀਐ ਪਰਮ ਸਿਆਨਪ ਏਹ ॥੧੧॥ {ਪੰਨਾ 340}

ਪਦਅਰਥ:- ਨਿਗ੍ਰਹਿ—{ਸੰ: ਨਿ-ਗ੍ਰਹਿ । ਗ੍ਰਹ—ਪਕੜਨਾ । ਨਿਗ੍ਰਹ—ਚੰਗੀ ਤਰ੍ਹਾਂ ਫੜਨਾ, ਵੱਸ ਵਿਚ ਲਿਆਉਣਾ} ਚੰਗੀ ਤਰ੍ਹਾਂ ਫੜੋ, (ਮਨ ਨੂੰ) ਵੱਸ ਵਿਚ ਲਿਆਉ, ਇੰਦ੍ਰੀਆਂ ਨੂੰ ਰੋਕੋ । ਸਨੇਹੁ—ਪ੍ਰੇਮ, ਪਿਆਰ । ਸੰਦੇਹ—ਸ਼ੱਕ, ਸਿਦਕ-ਹੀਨਤਾ । ਨਿਰਵਾਰੋ—ਦੂਰ ਕਰੋ । ਨਾਹੀ ਦੇਖਿ—ਇਹ ਵੇਖ ਕੇ ਕਿ ਇਹ ਕੰਮ ਨਹੀਂ ਹੋ ਸਕਦਾ । ਦੇਖਿ—ਵੇਖ ਕੇ । ਪਰਮ—ਸਭ ਤੋਂ ਵੱਡੀ ।੧੧।

ਅਰਥ:- (ਹੇ ਭਾਈ! ਆਪਣੇ ਇੰਦ੍ਰਿਆਂ ਨੂੰ) ਚੰਗੀ ਤਰ੍ਹਾਂ ਰੋਕ, (ਪ੍ਰਭੂ ਨਾਲ) ਪਿਆਰ ਬਣਾ, ਤੇ ਸਿਦਕ-ਹੀਨਤਾ ਦੂਰ ਕਰ । (ਇਹ ਕੰਮ ਔਖਾ ਜ਼ਰੂਰ ਹੈ, ਪਰ) ਇਸ ਖ਼ਿਆਲ ਕਰਕੇ ਕਿ ਇਹ ਕੰਮ ਨਹੀਂ ਹੋ ਸਕਦਾ (ਇਸ ਕੰਮ ਵਲੋਂ) ਭੱਜ ਨਹੀਂ ਜਾਣਾ ਚਾਹੀਦਾ—(ਬੱਸ) ਸਭ ਤੋਂ ਵੱਡੀ ਅਕਲ (ਦੀ ਗੱਲ) ਇਹੀ ਹੈ ।੧੧।

ਚਚਾ ਰਚਿਤ ਚਿਤ੍ਰ ਹੈ ਭਾਰੀ ॥ ਤਜਿ ਚਿਤ੍ਰੈ ਚੇਤਹੁ ਚਿਤਕਾਰੀ ॥ ਚਿਤ੍ਰ ਬਚਿਤ੍ਰ ਇਹੈ ਅਵਝੇਰਾ ॥ ਤਜਿ ਚਿਤ੍ਰੈ ਚਿਤੁ ਰਾਖਿ ਚਿਤੇਰਾ ॥੧੨॥ {ਪੰਨਾ 340}

ਪਦਅਰਥ:- ਰਚਿਤ—ਰਚਿਆ ਹੋਇਆ (ਜਗਤ), ਬਣਾਇਆ ਹੋਇਆ । ਚਿਤ੍ਰ—ਤਸਵੀਰ । ਤਜਿ—ਛੱਡ ਕੇ । ਚੇਤਹੁ—ਚੇਤੇ ਰੱਖੋ, ਯਾਦ ਕਰੋ । ਚਿਤਕਾਰੀ—ਚਿਤ੍ਰਕਾਰ, ਤਸਵੀਰ ਨੂੰ ਬਣਾਉਣ ਵਾਲਾ । ਬਚਿਤ੍ਰ—{ਸੰ: ਵਿਚਿਤ੍ਰ} ਰੰਗਾ-ਰੰਗ ਦੀ, ਬਹੁਤ ਸੁੰਦਰ, ਹੈਰਾਨ ਕਰ ਦੇਣ ਵਾਲੀ, ਮੋਹ ਲੈਣ ਵਾਲੀ । ਅਵਝੇਰਾ—ਝੰਬੇਲਾ । ਚਿਤੇਰਾ—ਚਿਤ੍ਰ ਬਣਾਉਣ ਵਾਲਾ ।੧੨।

ਅਰਥ:- (ਪ੍ਰਭੂ ਦਾ) ਬਣਾਇਆ ਹੋਇਆ ਇਹ ਜਗਤ (ਮਾਨੋ) ਇਕ ਬਹੁਤ ਵੱਡੀ ਤਸਵੀਰ ਹੈ । (ਹੇ ਭਾਈ!) ਇਸ ਤਸਵੀਰ (ਦੇ ਮੋਹ) ਨੂੰ ਛੱਡ ਕੇ ਤਸਵੀਰ ਬਣਾਉਣ ਵਾਲੇ ਨੂੰ ਚੇਤੇ ਰੱਖ; (ਕਿਉਂਕਿ ਵੱਡਾ) ਝੰਬੇਲਾ ਇਹ ਹੈ ਕਿ ਇਹ (ਸੰਸਾਰ-ਰੂਪ) ਤਸਵੀਰ ਮਨ ਨੂੰ ਮੋਹ ਲੈਣ ਵਾਲੀ ਹੈ । (ਸੋ, ਇਸ ਮੋਹ ਤੋਂ ਬਚਣ ਲਈ) ਤਸਵੀਰ (ਦਾ ਖ਼ਿਆਲ) ਛੱਡ ਕੇ ਤਸਵੀਰ ਬਣਾਉਣ ਵਾਲੇ ਵਿਚ ਆਪਣੇ ਚਿੱਤ ਨੂੰ ਪ੍ਰੋ ਰੱਖ ।੧੨।

ਛਛਾ ਇਹੈ ਛਤ੍ਰਪਤਿ ਪਾਸਾ ॥ ਛਕਿ ਕਿ ਨ ਰਹਹੁ ਛਾਡਿ ਕਿ ਨ ਆਸਾ ॥ ਰੇ ਮਨ ਮੈ ਤਉ ਛਿਨ ਛਿਨ ਸਮਝਾਵਾ ॥ ਤਾਹਿ ਛਾਡਿ ਕਤ ਆਪੁ ਬਧਾਵਾ ॥੧੩॥ {ਪੰਨਾ 340}

ਪਦਅਰਥ:- ਛਤ੍ਰਪਤਿ—ਛੱਤ੍ਰ ਦਾ ਮਾਲਕ, ਜਿਸ ਦੇ ਸਿਰ ਉੱਤੇ ਛੱਤ੍ਰ ਝੁੱਲ ਰਿਹਾ ਹੈ, ਰਾਜਾ, ਪਾਤਸ਼ਾਹ । ਇਹੈ ਪਾਸਾ—ਇਸੇ ਦੇ ਪਾਸ ਹੀ । ਛਕਿ—{ਸੰ: ਸ਼ਕ—ਤਕੜਾ ਹੋਣਾ । ਸ਼ਕਤੀ—ਤਾਕਤ} ਤਕੜਾ ਹੋ ਕੇ, ਉੱਦਮ ਨਾਲ । ਕਿ ਨ—ਕਿਉਂ ਨਹੀਂ? ਤਉ—ਤੈਨੂੰ । ਛਿਨੁ ਛਿਨੁ—ਹਰ ਛਿਨ, ਹਰ ਵੇਲੇ । ਤਾਹਿ—ਉਸ ਨੂੰ । ਕਤ—ਕਿਥੇ? ਆਪੁ—ਆਪਣੇ ਆਪ ਨੂੰ ।੧੩।

ਅਰਥ:- (ਹੇ ਮੇਰੇ ਮਨ! ਹੋਰ) ਆਸਾਂ ਛੱਡ ਕੇ ਤਕੜਾ ਹੋ ਕੇ ਕਿਉਂ ਤੂੰ ਇਸ (ਚਿਤ੍ਰਕਾਰ ਪ੍ਰਭੂ) ਪਾਸ ਹੀ ਨਹੀਂ ਰਹਿੰਦਾ ਜੋ (ਸਭ ਦਾ) ਪਾਤਸ਼ਾਹ ਹੈ? ਹੇ ਮਨ! ਮੈਂ ਤੈਨੂੰ ਹਰ ਵੇਲੇ ਸਮਝਾਉਂਦਾ ਹਾਂ ਕਿ ਉਸ (ਚਿਤ੍ਰਕਾਰ) ਨੂੰ ਵਿਸਾਰ ਕੇ ਕਿਥੇ (ਉਸ ਦੇ ਬਣਾਏ ਹੋਏ ਚਿੱਤ੍ਰ ਵਿਚ) ਤੂੰ ਆਪਣੇ ਆਪ ਨੂੰ ਜਕੜ ਰਿਹਾ ਹੈਂ ।੧੩।

ਜਜਾ ਜਉ ਤਨ ਜੀਵਤ ਜਰਾਵੈ ॥ ਜੋਬਨ ਜਾਰਿ ਜੁਗਤਿ ਸੋ ਪਾਵੈ ॥ ਅਸ ਜਰਿ ਪਰ ਜਰਿ ਜਰਿ ਜਬ ਰਹੈ ॥ ਤਬ ਜਾਇ ਜੋਤਿ ਉਜਾਰਉ ਲਹੈ ॥੧੪॥ {ਪੰਨਾ 340}

ਪਦਅਰਥ:- ਜਉ—ਜਦੋਂ, ਜੇ । ਜਰਾਵੈ—ਜਲਾਵੈ, ਜਲਾਉਂਦਾ ਹੈ, ਸਾੜਦਾ ਹੈ । ਜੀਵਤ—ਜੀਊਂਦਾ ਹੀ, ਮਾਇਆ ਵਿਚ ਰਹਿੰਦਾ ਹੋਇਆ ਹੀ । ਜਾਰਿ—ਜਾਲਿ, ਜਲਾ ਕੇ, ਸਾੜ ਕੇ । ਜੁਗਤਿ—ਜੀਊਣ ਦੀ ਜਾਚ । ਅਸ ਪਰ—ਅਸਾਡਾ ਤੇ ਪਰਾਇਆ, ਆਪਣਾ ਪਰਾਇਆ । ਜਰਿ—ਜਾਰਿ, ਸਾੜ ਕੇ । ਜਾਇ—ਜਾ ਕੇ, ਅੱਪੜ ਕੇ, ਉੱਚੀ ਅਵਸਥਾ ਤੇ ਪਹੁੰਚ ਕੇ । ਉਜਾਰਉ—ਉਜਾਲਾ, ਚਾਨਣ, ਪ੍ਰਕਾਸ਼ । ਲਹੈ—ਲੱਭ ਲੈਂਦਾ ਹੈ, ਪ੍ਰਾਪਤ ਕਰਦਾ ਹੈ । ਜਰਿ ਰਹੈ—ਜਰ ਕੇ ਰਹਿੰਦਾ ਹੈ, ਆਪਣੇ ਵਿਤ ਵਿਚ ਰਹਿੰਦਾ ਹੈ ।੧੪।

ਅਰਥ:- ਜਦੋਂ (ਕੋਈ ਜੀਵ) ਮਾਇਆ ਵਿਚ ਰਹਿੰਦਾ ਹੋਇਆ ਹੀ ਸਰੀਰ (ਦੀਆਂ ਵਾਸ਼ਨਾਂ) ਸਾੜ ਲੈਂਦਾ ਹੈ, ਉਹ ਮਨੁੱਖ ਜੁਆਨੀ (ਦਾ ਮਦ) ਸਾੜ ਕੇ ਜੀਊਣ ਦੀ (ਸਹੀ) ਜਾਚ ਸਿੱਖ ਲੈਂਦਾ ਹੈ । ਜਦੋਂ ਮਨੁੱਖ ਆਪਣੇ (ਧਨ ਦੇ ਅਹੰਕਾਰ) ਨੂੰ ਤੇ ਪਰਾਈ (ਦੌਲਤ ਦੀ ਆਸ) ਨੂੰ ਸਾੜ ਕੇ ਆਪਣੇ ਵਿਤ ਵਿਚ ਰਹਿੰਦਾ ਹੈ, ਤਦੋਂ ਉੱਚੀ ਆਤਮਕ ਅਵਸਥਾ ਵਿਚ ਅੱਪੜ ਕੇ ਪ੍ਰਭੂ ਦੀ ਜੋਤ ਦਾ ਪ੍ਰਕਾਸ਼ ਪ੍ਰਾਪਤ ਕਰਦਾ ਹੈ ।੧੪।

ਝਝਾ ਉਰਝਿ ਸੁਰਝਿ ਨਹੀ ਜਾਨਾ ॥ ਰਹਿਓ ਝਝਕਿ ਨਾਹੀ ਪਰਵਾਨਾ ॥ ਕਤ ਝਖਿ ਝਖਿ ਅਉਰਨ ਸਮਝਾਵਾ ॥ ਝਗਰੁ ਕੀਏ ਝਗਰਉ ਹੀ ਪਾਵਾ ॥੧੫॥ {ਪੰਨਾ 341}

ਪਦਅਰਥ:- ਜਾਨਾ—ਜਾਣਿਆ, ਸਮਝਿਆ, ਸਿੱਖਿਆ । ਉਰਝਿ ਜਾਨਾ—ਉਲਝਣਾ ਹੀ ਜਾਣਿਆ, (ਜਿਸ ਨੇ) ਫਸਣਾ ਹੀ ਸਿੱਖਿਆ । ਸੁਰਝਿ ਨਹੀ ਜਾਨਾ—ਸੁਲਝਣਾ ਨਹੀਂ ਸਿੱਖਿਆ, ਫਾਹੀ ਵਿਚੋਂ ਨਿਕਲਣਾ ਨਹੀਂ ਸਿੱਖਿਆ । ਰਹਿਓ ਝਝਕਿ—(ਉਹ) ਝਕਦਾ ਹੀ ਰਿਹਾ, ਸਹੰਸਿਆਂ ਵਿਚ ਹੀ ਪਿਆ ਰਿਹਾ, ਤੌਖ਼ਲਿਆਂ ਵਿਚ ਹੀ ਫਸਿਆ ਰਿਹਾ । ਪਰਵਾਨਾ—ਕਬੂਲ । ਕਤ—ਕਿਥੇ? ਕਿਸ ਅਰਥ? ਝਖਿ ਝਖਿ—ਝਖ ਝਖ ਕੇ, ਭਟਕ ਭਟਕ ਕੇ, ਖਪ ਖਪ ਕੇ । ਸਮਝਾਵਾ—ਮੱਤਾਂ ਦੇਂਦਾ ਰਿਹਾ । ਝਗਰੁ—ਬਹਿਸ, ਚਰਚਾ । ਪਾਵਾ—ਪਾਇਆ, ਲੱਭਾ । ਝਗਰਉ ਹੀ ਪਾਵਾ—ਬਹਿਸ ਹੀ ਮਿਲੀ, ਬਹਿਸਾਂ ਕਰਨ ਦੀ ਆਦਤ ਹੀ ਬਣੀ ਰਹੀ, ਚਰਚਾ ਕਰਨ ਦੀ ਵਾਦੀ ਹੀ ਪੈ ਗਈ ।੧੫।

ਅਰਥ:- ਜਿਸ ਮਨੁੱਖ ਨੇ (ਚਰਚਾ ਆਦਿਕ ਵਿਚ ਪੈ ਕੇ ਨਿਕੰਮੀਆਂ) ਉਲਝਣਾਂ ਵਿਚ ਫਸਣਾ ਹੀ ਸਿੱਖਿਆ, ਉਲਝਣਾਂ ਵਿਚੋਂ ਨਿਕਲਣ ਦੀ ਜਾਚ ਨਾਹ ਸਿੱਖੀ, ਉਹ (ਸਾਰੀ ਉਮਰ) ਸਹੰਸਿਆਂ ਵਿਚ ਹੀ ਪਿਆ ਰਿਹਾ, (ਉਸ ਦਾ ਜੀਵਨ) ਕਬੂਲ ਨਾਹ ਹੋ ਸਕਿਆ । ਬਹਿਸਾਂ ਕਰ ਕਰ ਕੇ ਹੋਰਨਾਂ ਨੂੰ ਮੱਤਾਂ ਦੇਣ ਦਾ ਕੀਹ ਲਾਭ? ਚਰਚਾ ਕਰਦਿਆਂ ਆਪ ਨੂੰ ਤਾਂ ਨਿਰੀ ਚਰਚਾ ਕਰਨ ਦੀ ਹੀ ਵਾਦੀ ਪੈ ਗਈ ।੧੫।

ਞੰਞਾ ਨਿਕਟਿ ਜੁ ਘਟ ਰਹਿਓ ਦੂਰਿ ਕਹਾ ਤਜਿ ਜਾਇ ॥ ਜਾ ਕਾਰਣਿ ਜਗੁ ਢੂਢਿਅਉ ਨੇਰਉ ਪਾਇਅਉ ਤਾਹਿ ॥੧੬॥ {ਪੰਨਾ 341}

ਪਦਅਰਥ:- ਨਿਕਟਿ—ਨੇੜੇ । ਜੁ—ਜੋ (ਪ੍ਰਭੂ) । ਘਟ—ਹਿਰਦਾ । ਰਹਿਓ—ਰਹਿੰਦਾ ਹੈ । ਤਜਿ—ਛੱਡ ਕੇ । ਕਹਾ ਜਾਇ—ਕਿੱਥੇ ਜਾਂਦਾ ਹੈ? ਜਾ ਕਾਰਣਿ—ਜਿਸ (ਨੂੰ ਮਿਲਣ) ਦੀ ਖ਼ਾਤਰ । ਨੇਰਉ—ਨੇੜੇ ਹੀ । ਪਾਇਅਉ—ਲੱਭ ਲਿਆ ਹੈ ।੧੬।

ਅਰਥ:- (ਹੇ ਭਾਈ!) ਜੋ ਪ੍ਰਭੂ ਨੇੜੇ ਵੱਸ ਰਿਹਾ ਹੈ, ਜੋ ਹਿਰਦੇ ਵਿਚ ਵੱਸ ਰਿਹਾ ਹੈ, ਉਸ ਨੂੰ ਛੱਡ ਕੇ ਤੂੰ ਦੂਰ ਕਿੱਥੇ ਜਾਂਦਾ ਹੈਂ? (ਜਿਸ ਪ੍ਰਭ ਨੂੰ ਮਿਲਣ ਦੀ ਖ਼ਾਤਰ (ਅਸਾਂ ਸਾਰਾ) ਜਗਤ ਢੂੰਡਿਆ ਸੀ, ਉਸ ਨੂੰ ਨੇੜੇ ਹੀ (ਆਪਣੇ ਅੰਦਰ ਹੀ) ਲੱਭ ਲਿਆ ਹੈ ।੧੬।

ਟਟਾ ਬਿਕਟ ਘਾਟ ਘਟ ਮਾਹੀ ॥ ਖੋਲਿ ਕਪਾਟ ਮਹਲਿ ਕਿ ਨ ਜਾਹੀ ॥ ਦੇਖਿ ਅਟਲ ਟਲਿ ਕਤਹਿ ਨ ਜਾਵਾ ॥ ਰਹੈ ਲਪਟਿ ਘਟ ਪਰਚਉ ਪਾਵਾ ॥੧੭॥ {ਪੰਨਾ 341}

ਪਦਅਰਥ:- ਟਟਾ—ਅੱਖਰ ਟੈਂਕਾ । ਬਿਕਟ—{ਸੰ: ਵਿਕਟ} ਬਿਖੜਾ, ਔਖਾ । ਘਾਟ—ਪੱਤਣ । ਘਟ ਮਾਹੀ—ਹਿਰਦੇ ਵਿਚ ਹੀ । ਕਪਾਟ—ਕਵਾੜ, ਮਾਇਆ ਦੇ ਮੋਹ ਦੇ ਪਰਦੇ । ਖੋਲਿ—ਖੋਲ੍ਹ ਕੇ । ਮਹਲਿ—ਮਹਿਲ ਵਿਚ, ਪ੍ਰਭੂ ਦੀ ਹਜ਼ੂਰੀ ਵਿਚ । ਕਿ ਨ—ਕਿਉਂ ਨਹੀਂ? ਦੇਖਿ—ਵੇਖ ਕੇ । ਟਲਿ—ਟਲ ਕੇ, ਡੋਲ ਕੇ, ਭਟਕਣਾ ਵਿਚ ਪੈ ਕੇ । ਕਤਹਿ—ਕਿਸੇ ਹੋਰ ਥਾਂ । ਲਪਟਿ ਰਹੈ—ਚੰਬੜਿਆ ਰਹਿੰਦਾ ਹੈ, ਜੁੜਿਆ ਰਹਿੰਦਾ ਹੈ । ਪਰਚਉ—{ਸੰ: ਪਰਿਚਯ} ਸਾਂਝ, ਪਿਆਰ ।੧੭।

ਅਰਥ:- (ਪ੍ਰਭੂ ਦੇ ਮਹਿਲ ਵਿਚ ਅਪੜਾਣ ਵਾਲਾ) ਔਖਾ ਪੱਤਣ ਹੈ (ਪਰ ਉਹ ਪੱਤਣ) ਹਿਰਦੇ ਵਿਚ ਹੀ ਹੈ । (ਹੇ ਭਾਈ! ਮਾਇਆ ਦੇ ਮੋਹ ਵਾਲੇ) ਕਵਾੜ ਖੋਲ੍ਹ ਕੇ ਤੂੰ ਪ੍ਰਭੂ ਦੀ ਹਜ਼ੂਰੀ ਵਿਚ ਕਿਉਂ ਨਹੀਂ ਅੱਪੜਦਾ? (ਜਿਸ ਮਨੁੱਖ ਨੇ ਹਿਰਦੇ ਵਿਚ ਹੀ) ਸਦਾ-ਥਿਰ ਰਹਿਣ ਵਾਲੇ ਪ੍ਰਭੂ ਦਾ ਦੀਦਾਰ ਕਰ ਲਿਆ ਹੈ, ਉਹ ਡੋਲ ਕੇ ਕਿਸੇ ਹੋਰ ਪਾਸੇ ਨਹੀਂ ਜਾਂਦਾ, ਉਹ (ਪ੍ਰਭੂ-ਚਰਨਾਂ ਨਾਲ) ਸਾਂਝ ਪਾ ਲੈਂਦਾ ਹੈ ।੧੭।

ਠਠਾ ਇਹੈ ਦੂਰਿ ਠਗ ਨੀਰਾ ॥ ਨੀਠਿ ਨੀਠਿ ਮਨੁ ਕੀਆ ਧੀਰਾ ॥ ਜਿਨਿ ਠਗਿ ਠਗਿਆ ਸਗਲ ਜਗੁ ਖਾਵਾ ॥ ਸੋ ਠਗੁ ਠਗਿਆ ਠਉਰ ਮਨੁ ਆਵਾ ॥੧੮॥ {ਪੰਨਾ 341}

ਪਦਅਰਥ:- ਇਹੈ—ਇਹ ਮਾਇਆ । ਦੂਰਿ—ਦੂਰੋਂ (ਵੇਖਿਆਂ) । ਠਗਨੀਰਾ—{ਨੀਰ—ਜਲ} ਠੱਗਣ ਵਾਲਾ ਪਾਣੀ, ਭੁਲੇਖੇ ਵਿਚ ਪਾਣ ਵਾਲਾ ਪਾਣੀ, ਉਹ ਰੇਤਾ ਜੋ ਦੂਰੋਂ ਭੁਲੇਖੇ ਨਾਲ ਪਾਣੀ ਜਾਪਦਾ ਹੈ, ਮ੍ਰਿਗ-ਤ੍ਰਿਸ਼ਨਾ । ਨੀਠਿ—{ਸੰ: ਨਿਰੀਖੵ} ਨੀਝ ਲਾ ਕੇ, ਗਹੁ ਨਾਲ ਤੱਕ ਕੇ । ਨੀਠਿ ਨੀਠਿ—ਚੰਗੀ ਤਰ੍ਹਾਂ ਨੀਝ ਲਾ ਲਾ ਕੇ । ਕੀਆ—ਬਣਾ ਲਿਆ ਹੈ । ਧੀਰਾ—ਧੀਰਜ ਵਾਲਾ, ਟਿਕੇ ਰਹਿਣ ਵਾਲਾ । ਜਿਨਿ ਠਗਿ—ਜਿਸ ਠੱਗ ਨੇ । ਖਾਵਾ—ਖਾ ਲਿਆ, ਫਸਾ ਲਿਆ । ਠਗਿਆ—ਠੱਗਿਆਂ, ਕਾਬੂ ਕੀਤਿਆਂ । ਠਉਰ—ਟਿਕਾਣੇ ਤੇ ।੧੮।

ਅਰਥ:- ਇਹ ਮਾਇਆ ਇਉਂ ਹੈ ਜਿਵੇਂ ਦੂਰੋਂ ਵੇਖਿਆਂ ਉਹ ਰੇਤਾ ਜੋ ਪਾਣੀ ਜਾਪਦਾ ਹੈ । ਸੋ ਮੈਂ ਗਹੁ ਨਾਲ (ਇਸ ਮਾਇਆ ਦੀ ਅਸਲੀਅਤ) ਤੱਕ ਕੇ ਮਨ ਨੂੰ ਧੀਰਜਵਾਨ ਬਣਾ ਲਿਆ ਹੈ (ਭਾਵ, ਮਨ ਨੂੰ ਇਸ ਦੇ ਪਿਛੇ ਦੌੜਨੋਂ ਬਚਾ ਲਿਆ ਹੈ) । ਜਿਸ (ਮਾਇਕ ਮੋਹ ਰੂਪ) ਠੱਗ ਕੇ ਸਾਰੇ ਜਗਤ ਨੂੰ ਭੁਲੇਖੇ ਵਿਚ ਪਾ ਦਿੱਤਾ ਹੈ, ਸਾਰੇ ਜਗਤ ਨੂੰ ਆਪਣੇ ਵੱਸ ਵਿਚ ਕਰ ਲਿਆ ਹੈ, ਉਸ (ਮੋਹ-) ਠੱਗ ਨੂੰ ਕਾਬੂ ਕੀਤਿਆਂ ਮੇਰਾ ਮਨ ਇਕ ਟਿਕਾਣੇ ਤੇ ਆ ਗਿਆ ਹੈ ।੧੮।

ਨੋਟ:- ਦੂਰੋਂ ਤਪਦੇ ਰੇਤੇ ਨੂੰ ਵੇਖ ਕੇ ਇਸ ਨੂੰ ਪਾਣੀ ਸਮਝ ਕੇ ਮ੍ਰਿਗ (ਹਿਰਨ) ਉਸ ਪਾਣੀ ਵਲ ਦੌੜਦਾ ਹੈ । ਉਹ ਰੇਤੇ ਦੀ ਚਮਕ ਦੁਰੇਡੀ ਹੋਣ ਕਰਕੇ ਇਉਂ ਜਾਪਦਾ ਹੈ ਜਿਵੇਂ ਪਾਣੀ ਅਜੇ ਹੋਰ ਪਰੇ ਹੈ । ਤ੍ਰਿਹਾਇਆ ਹਿਰਨ ਇਸ ਜਾਪਦੇ ਪਾਣੀ ਦੀ ਖ਼ਾਤਰ ਹੀ ਦੌੜ ਦੌੜ ਕੇ ਪ੍ਰਾਣ ਦੇ ਦੇਂਦਾ ਹੈ । ਹਿਰਨ ਵਾਂਗ ਹੀ ਜੀਵ ਮਾਇਆ ਦੇ ਪਿਛੇ ਦੌੜ ਦੌੜ ਕੇ ਸਾਰਾ ਜੀਵਨ ਅਜਾਈਂ ਗਵਾ ਦੇਂਦਾ ਹੈ ।

ਡਡਾ ਡਰ ਉਪਜੇ ਡਰੁ ਜਾਈ ॥ ਤਾ ਡਰ ਮਹਿ ਡਰੁ ਰਹਿਆ ਸਮਾਈ ॥ ਜਉ ਡਰ ਡਰੈ ਤ ਫਿਰਿ ਡਰੁ ਲਾਗੈ ॥ ਨਿਡਰ ਹੂਆ ਡਰੁ ਉਰ ਹੋਇ ਭਾਗੈ ॥੧੯॥ {ਪੰਨਾ 341}

ਪਦਅਰਥ:- ਉਪਜੇ—ਪੈਦਾ ਹੋ ਜਾਏ । ਜਾਈ—ਦੂਰ ਹੋ ਜਾਂਦਾ ਹੈ । ਤਾ ਡਰ ਮਹਿ—ਉਸ ਡਰ ਵਿਚ । ਰਹਿਆ ਸਮਾਈ—ਸਮਾਇ ਰਹਿਆ, ਲੀਨ ਹੋ ਜਾਂਦਾ ਹੈ, ਮੁੱਕ ਜਾਂਦਾ ਹੈ । ਜਉ—ਜੇ । ਡਰ ਡਰੈ—

(ਪਰਮਾਤਮਾ ਦੇ) ਡਰ ਤੋਂ ਡਰਦਾ ਰਹੇ, ਪ੍ਰਭੂ ਦਾ ਡਰ ਹਿਰਦੇ ਵਿਚ ਨਾਹ ਟਿਕਣ ਦੇਵੇ । ਤ ਫਿਰਿ—ਤਾਂ ਮੁੜ । ਡਰੁ ਲਾਗੈ—ਸੰਸਾਰਕ ਡਰ ਆ ਚੰਬੜਦਾ ਹੈ । ਨਿਡਰੁ—ਨਿਰਭਉ । ਡਰੁ ਉਰ ਹੋਇ—ਹਿਰਦੇ ਦਾ ਜੋ ਭੀ ਡਰ ਹੋਵੇ । ਉਰ—ਹਿਰਦਾ ।੧੯।

ਅਰਥ:– ਜੋ ਪਰਮਾਤਮਾ ਦਾ ਡਰ (ਭਾਵ, ਅਦਬ-ਸਤਕਾਰ) ਮਨੁੱਖ ਦੇ ਹਿਰਦੇ ਵਿਚ ਪੈਦਾ ਹੋ ਜਾਏ ਤਾਂ (ਦੁਨੀਆ ਵਾਲਾ) ਡਰ (ਦਿਲੋਂ) ਦੂਰ ਹੋ ਜਾਂਦਾ ਹੈ ਤੇ ਉਸ ਡਰ ਵਿਚ ਦੁਨੀਆ ਵਾਲਾ ਡਰ ਮੁੱਕ ਜਾਂਦਾ ਹੈ; ਪਰ ਜੇ ਮਨੁੱਖ ਪ੍ਰਭੂ ਦਾ ਡਰ ਮਨ ਵਿਚ ਨਾਹ ਵਸਾਏ ਤਾਂ (ਦੁਨੀਆ ਵਾਲਾ) ਡਰ ਮੁੜ ਆ ਚੰਬੜਦਾ ਹੈ । (ਤੇ ਪ੍ਰਭੂ ਦਾ ਡਰ ਹਿਰਦੇ ਵਿਚ ਵਸਾ ਕੇ ਜੋ ਮਨੁੱਖ) ਨਿਰਭਉ ਹੋ ਗਿਆ, ਉਸ ਦੇ ਮਨ ਦਾ ਜੋ ਭੀ ਸਹਿਮ ਹੈ, ਸਭ ਨੱਸ ਜਾਂਦਾ ਹੈ ।੧੯।

ਢਢਾ ਢਿਗ ਢੂਢਹਿ ਕਤ ਆਨਾ ॥ ਢੂਢਤ ਹੀ ਢਹਿ ਗਏ ਪਰਾਨਾ ॥ ਚੜਿ ਸੁਮੇਰਿ ਢੂਢਿ ਜਬ ਆਵਾ ॥ ਜਿਹ ਗੜੁ ਗੜਿਓ ਸੁ ਗੜ ਮਹਿ ਪਾਵਾ ॥੨੦॥ {ਪੰਨਾ 341}

ਪਦਅਰਥ:– ਢਿਗ—ਨੇੜੇ (ਹੀ) । ਕਤ ਆਨਾ—ਕਿਥੇ, ਹੋਰ ਥਾਂ? ਢਹਿ ਗਏ—ਥੱਕ ਗਏ ਹਨ । ਪਰਾਨਾ—ਪ੍ਰਾਣ, ਜਿੰਦ । ਚੜਿ—ਚੜ੍ਹ ਕੇ । ਸੁਮੇਰਿ—ਸੁਮੇਰ ਪਰਬਤ ਉਤੇ । ਢੂਢਿ—ਢੂੰਡ ਕੇ । ਆਵਾ—ਆ ਗਿਆ । ਜਿਹ—ਜਿਸ ਪਰਮਾਤਮਾ ਨੇ । ਗੜੁ—(ਸਰੀਰ ਰੂਪ) ਕਿਲ੍ਹਾ । ਗੜਿਓ—ਬਣਾਇਆ ਹੈ । ਸੁ—ਉਹ ਪ੍ਰਭੂ । ਗੜ ਮਹਿ—(ਸਰੀਰ ਰੂਪ) ਕਿਲ੍ਹੇ ਵਿਚ । ਪਾਵਾ—ਲੱਭ ਲਿਆ ।੨੦।

ਅਰਥ:– (ਹੇ ਭਾਈ! ਪਰਮਾਤਮਾ ਤਾਂ ਤੇਰੇ) ਨੇੜੇ ਹੀ ਹੈ, ਤੂੰ (ਉਸ ਨੂੰ ਬਾਹਰ) ਹੋਰ ਕਿਥੇ ਢੂੰਡਦਾ ਹੈਂ? (ਬਾਹਰ) ਢੂੰਡਦਿਆਂ ਢੂੰਡਦਿਆਂ ਤੇਰੇ ਪ੍ਰਾਣ ਭੀ ਥੱਕ ਗਏ ਹਨ । ਸੁਮੇਰ ਪਰਬਤ ਉਤੇ (ਭੀ) ਚੜ੍ਹ ਕੇ ਤੇ (ਪਰਮਾਤਮਾ ਨੂੰ ਉਥੇ) ਢੂੰਡ ਢੂੰਡ ਕੇ ਜਦੋਂ ਮਨੁੱਖ (ਆਪਣੇ ਸਰੀਰ ਵਿਚ) ਆਉਂਦਾ ਹੈ (ਭਾਵ, ਆਪਣੇ ਅੰਦਰ ਹੀ ਝਾਤੀ ਮਾਰਦਾ ਹੈ), ਤਾਂ ਉਹ ਪ੍ਰਭੂ ਇਸ (ਸਰੀਰ ਰੂਪ) ਕਿਲ੍ਹੇ ਵਿਚ ਹੀ ਮਿਲ ਪੈਂਦਾ ਹੈ ਜਿਸ ਨੇ ਇਹ ਸਰੀਰ-ਕਿਲ੍ਹਾ ਬਣਾਇਆ ਹੈ ।੨੦।

ਨੋਟ:– 'ਸੁਮੇਰ ਉਤੇ ਚੜ੍ਹ ਕੇ' ਦਾ ਭਾਵ ਹੈ 'ਪਹਾੜਾਂ ਦੀਆਂ ਚੋਟੀਆਂ ਉਤੇ, ਪਹਾੜਾਂ ਦੀਆਂ ਗੁਫ਼ਾਂ ਵਿਚ ਬੈਠ ਕੇ, ਪ੍ਰਾਣਾਯਾਮ ਰਾਹੀਂ ਸਮਾਧੀਆਂ ਲਾ ਕੇ' ।

ਣਾਣਾ ਰਣਿ ਰੂਤਉ ਨਰ ਨੇਹੀ ਕਰੈ ॥ ਨਾ ਨਿਵੈ ਨਾ ਫੁਨਿ ਸੰਚਰੈ ॥ ਧੰਨਿ ਜਨਮੁ ਤਾਹੀ ਕੋ ਗਣੈ ॥ ਮਾਰੈ ਏਕਹਿ ਤਜਿ ਜਾਇ ਘਣੈ ॥੨੧॥ {ਪੰਨਾ 341}

ਪਦਅਰਥ:– ਰਣਿ—ਰਣ ਵਿਚ, ਰਣਭੂਮੀ ਵਿਚ (ਜਿਥੇ ਕਾਮਾਦਿਕਾਂ ਨਾਲ ਮਨੁੱਖ ਦਾ ਜੰਗ ਹੁੰਦਾ ਰਹਿੰਦਾ ਹੈ) । ਰੂਤਉ—ਰੁੱਝਾ ਹੋਇਆ । ਨੇਹੀ—{ਸੰ: ਨਹ, nh, ਨੇਹਣ ਲੈਣਾ, ਵੱਸ ਵਿਚ ਕਰ ਲੈਣਾ} ਵਿਕਾਰਾਂ ਨੂੰ ਵੱਸ ਕਰ ਲੈਣ ਦੀ ਸਮਰੱਥਾ, ਦ੍ਰਿੜ੍ਹਤਾ, ਧੀਰਜ । ਨਿਵੈ—ਨਿਵਦਾ ਹੈ, ਨੀਊਂਦਾ ਹੈ । ਨਾ ਫੁਨਿ—ਨਾਹ ਹੀ । ਸੰਚਰੈ—{ਸੰ: ਸੰ+ਚਰੈ—ਨਾਲ ਰਲ ਕੇ ਤੁਰਦਾ ਹੈ} ਮੇਲ ਕਰਦਾ ਹੈ । ਧੰਨਿ—ਮੁਬਾਰਿਕ, ਭਾਗਾਂ ਵਾਲਾ । ਤਾਹੀ ਕੋ—ਉਸੇ (ਮਨੁੱਖ) ਦਾ ਹੀ । ਗਣੈ—(ਜਗਤ) ਗਿਣਦਾ ਹੈ । ਏਕਹਿ—ਇਕ (ਮਨ ਨੂੰ) । ਤਜਿ ਜਾਇ—ਛੱਡ ਦੇਂਦਾ ਹੈ । ਘਣੇ—ਬਹੁਤਿਆਂ ਨੂੰ (ਭਾਵ, ਵਿਕਾਰਾਂ) ਨੂੰ ।੨੧।

ਅਰਥ:– (ਜਗਤ ਰੂਪ ਇਸ) ਰਣਭੂਮੀ ਵਿਚ (ਵਿਕਾਰਾਂ ਨਾਲ ਜੰਗ ਵਿਚ) ਰੁੱਝਾ ਹੋਇਆ ਜੋ ਮਨੁੱਖ ਵਿਕਾਰਾਂ ਨੂੰ ਵੱਸ ਵਿਚ ਕਰਨ ਦੀ ਸਮਰੱਥਾ ਪ੍ਰਾਪਤ ਕਰ ਲੈਂਦਾ ਹੈ ਜੋ (ਵਿਕਾਰਾਂ ਅਗੇ) ਨਾਹ ਨੀਊਂਦਾ ਹੈ, ਨਾਹ ਹੀ (ਉਹਨਾਂ

ਨਾਲ) ਮੇਲ ਕਰਦਾ ਹੈ, ਜਗਤ ਉਸੇ ਮਨੁੱਖ ਦੇ ਜੀਵਨ ਨੂੰ ਭਾਗਾਂ ਵਾਲਾ ਗਿਣਦਾ ਹੈ, ਕਿਉਂਕਿ ਉਹ ਮਨੁੱਖ (ਆਪਣੇ) ਇੱਕ ਮਨ ਨੂੰ ਮਾਰਦਾ ਹੈ ਤੇ ਇਹਨਾਂ ਬਹੁਤਿਆਂ (ਭਾਵ, ਵਿਕਾਰਾਂ) ਨੂੰ ਛੱਡ ਦੇਂਦਾ ਹੈ ।੨੧।

ਤਤਾ ਅਤਰ ਤਰਿਓ ਨਹ ਜਾਈ ॥ ਤਨ ਤ੍ਰਿਭਵਣ ਮਹਿ ਰਹਿਓ ਸਮਾਈ ॥ ਜਉ ਤ੍ਰਿਭਵਣ ਤਨ ਮਾਹਿ ਸਮਾਵਾ ॥ ਤਉ ਤਤਹਿ ਤਤ ਮਿਲਿਆ ਸਚੁ ਪਾਵਾ ॥੨੨॥ {ਪੰਨਾ 341}

ਪਦਅਰਥ:- ਅਤਰ—{ਅ-ਤਰ} ਜੋ ਤਾਰਿਆ ਨਾਹ ਜਾ ਸਕੇ, ਜਿਸ ਵਿਚੋਂ ਪਾਰ ਲੰਘਣਾ ਬਹੁਤ ਔਖਾ ਹੈ {ਸੰਸਾਰ ਇਕ ਐਸਾ ਬੇਅੰਤ ਸਮੁੰਦਰ ਹੈ ਜਿਸ ਵਿਚ ਵਿਕਾਰਾਂ ਦੀਆਂ ਠਾਠਾਂ ਪੈ ਰਹੀਆਂ ਹਨ ਤੇ ਮਨੁੱਖਾ ਜੀਵਨ ਦੀ ਕਮਜ਼ੋਰ ਜਿਹੀ ਬੇੜੀ ਨੂੰ ਹਰ ਵੇਲੇ ਇਹਨਾਂ ਲਹਿਰਾਂ ਵਿਚ ਡੁੱਬਣ ਦਾ ਖ਼ਤਰਾ ਰਹਿੰਦਾ ਹੈ} । ਤਨ—ਸਰੀਰ, ਗਿਆਨ-ਇੰਦਰੇ । ਤ੍ਰਿਭਵਣ ਮਾਹਿ—ਤਿੰਨਾਂ ਭਵਨਾਂ ਵਿਚ, ਸਾਰੇ ਜਗਤ ਵਿਚ, ਦੁਨੀਆ ਦੇ ਪਦਾਰਥਾਂ ਵਿਚ ।੨੨।

ਅਰਥ:- ਇਹ ਜਗਤ ਇਕ ਐਸਾ ਸਮੁੰਦਰ ਹੈ ਜਿਸ ਨੂੰ ਤਰਨਾ ਔਖਾ ਹੈ, ਜਿਸ ਵਿਚੋਂ ਪਾਰ ਲੰਘਿਆ ਨਹੀਂ ਜਾ ਸਕਦਾ (ਤਦ ਤਕ ਜਦ ਤਕ) ਅੱਖਾਂ ਕੰਨ ਨੱਕ ਆਦਿ ਗਿਆਨ-ਇੰਦਰੇ ਦੁਨੀਆ (ਦੇ ਰਸਾਂ) ਵਿਚ ਡੁੱਬੇ ਰਹਿੰਦੇ ਹਨ; ਪਰ ਜਦੋਂ ਸੰਸਾਰ (ਦੇ ਰਸ) ਸਰੀਰ ਦੇ ਅੰਦਰ ਹੀ ਮਿਟ ਜਾਂਦੇ ਹਨ (ਭਾਵ ਮਨੁੱਖ ਦੇ ਇੰਦ੍ਰਿਆਂ ਨੂੰ ਖਿੱਚ ਨਹੀਂ ਪਾ ਸਕਦੇ), ਤਦੋਂ (ਜੀਵ ਦੀ) ਆਤਮਾ (ਪ੍ਰਭੂ ਦੀ) ਜੋਤ ਵਿਚ ਮਿਲ ਜਾਂਦੀ ਹੈ, ਤਦੋਂ ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਲੱਭ ਪੈਂਦਾ ਹੈ ।੨੨।

ਥਥਾ ਅਥਾਹ ਥਾਹ ਨਹੀ ਪਾਵਾ ॥ ਓਹੁ ਅਥਾਹ ਇਹੁ ਥਿਰੁ ਨ ਰਹਾਵਾ ॥ ਥੋੜੈ ਥਲਿ ਥਾਨਕ ਆਰੰਭੈ ॥ ਬਿਨੁ ਹੀ ਥਾਭਹ ਮੰਦਿਰੁ ਥੰਭੈ ॥੨੩॥ {ਪੰਨਾ 341}

ਪਦਅਰਥ:- ਅਥਾਹ—{ਅ-ਥਾਹ । ਥਾਹ—ਹਾਥ, ਡੂੰਘਾਈ} ਜਿਸ ਦੀ ਡੂੰਘਾਈ ਨ ਲੱਭ ਸਕੇ । ਓਹੁ—ਉਹ ਪ੍ਰਭੂ । ਇਹੁ—ਇਹ ਮਨ । ਥਿਰੁ ਨ ਰਹਾਵਾ—ਟਿਕਿਆ ਨਹੀਂ ਰਹਿੰਦਾ । ਥਲਿ—ਥਲ ਵਿਚ, ਭੁਇਂ ਵਿਚ । ਥਾਭਹ ਬਿਨੁ—ਥੰਮ੍ਹਾਂ ਤੋਂ ਬਿਨਾ । ਮੰਦਿਰੁ—ਘਰ, ਮਕਾਨ । ਥੰਭੈ—ਥੰਮ੍ਹਦਾ ਹੈ, ਸਹਾਰਾ ਦੇਂਦਾ ਹੈ, ਖੜਾ ਕਰਦਾ ਹੈ । ਥੋੜੈ ਥਲਿ—ਥੋੜੀ ਭੁਇਂ ਵਿਚ, ਥੋੜੇ ਵਿਤ ਵਿਚ, ਥੋੜੀ ਜਿਹੀ ਉਮਰ ਵਿਚ । ਥਾਨਕ—{ÔQwnk} ਸ਼ਹਿਰ (ਭਾਵ, ਵੱਡੇ ਵੱਡੇ ਪਸਾਰੇ) ।੨੩।

ਅਰਥ:- (ਮਨੁੱਖ ਦਾ ਮਨ) ਅਥਾਹ ਪਰਮਾਤਮਾ ਦੀ ਥਾਹ ਨਹੀਂ ਪਾ ਸਕਦਾ (ਕਿਉਂਕਿ ਇਕ ਪਾਸੇ ਤਾਂ) ਉਹ ਪ੍ਰਭੂ ਬੇਅੰਤ ਡੂੰਘਾ ਹੈ, (ਤੇ, ਦੂਜੇ ਪਾਸੇ, ਮਨੁੱਖ ਦਾ) ਇਹ ਮਨ ਕਦੇ ਟਿਕ ਕੇ ਨਹੀਂ ਰਹਿੰਦਾ (ਭਾਵ, ਕਦੇ ਪ੍ਰਭੂ-ਚਰਨਾਂ ਵਿਚ ਜੁੜਨ ਦਾ ਉੱਦਮ ਹੀ ਨਹੀਂ ਕਰਦਾ) । ਇਹ ਮਨ ਥੋੜੀ ਜਿਤਨੀ (ਮਿਲੀ) ਭੁਇਂ ਵਿਚ (ਕਈ) ਨਗਰ (ਬਣਾਉਣੇ) ਸ਼ੁਰੂ ਕਰ ਦੇਂਦਾ ਹੈ (ਭਾਵ, ਥੋੜੀ ਜਿਤਨੀ ਮਿਲੀ ਉਮਰ ਵਿਚ ਕਈ ਪਸਾਰੇ ਪਸਾਰ ਬੈਠਦਾ ਹੈ; ਤੇ ਇਸ ਦੇ ਇਹ ਸਾਰੇ ਪਸਾਰੇ ਪਸਾਰਨੇ ਵਿਅਰਥ ਹੀ ਕੰਮ ਹੈ, ਇਹ (ਮਾਨੋ) ਥੰਮ੍ਹਾਂ (ਕੰਧਾਂ) ਤੋਂ ਬਿਨਾ ਹੀ ਘਰ ਉਸਾਰ ਰਿਹਾ ਹੈ ।੨੩।

ਦਦਾ ਦੇਖਿ ਜੁ ਬਿਨਸਨਹਾਰਾ ॥ ਜਸ ਅਦੇਖਿ ਤਸ ਰਾਖਿ ਬਿਚਾਰਾ ॥ ਦਸਵੈ ਦੁਆਰਿ ਕੁੰਚੀ ਜਬ ਦੀਜੈ ॥ ਤਉ ਦਇਆਲ ਕੋ ਦਰਸਨੁ ਕੀਜੈ ॥੨੪॥ {ਪੰਨਾ 341}

ਪਦਅਰਥ:- ਦੇਖਿ—{ਸੰ: ਦ੍ਰਿਸ਼ਜ} ਜੋ ਵੇਖਣ ਵਿਚ ਆ ਰਿਹਾ ਹੈ । ਜੁ—ਜੋ । ਜਸ ਅਦੇਖਿ—ਜੋ ਅਦ੍ਰਿਸ਼ਜ

ਹੈ, ਜੋ ਅੱਖਾਂ ਨਾਲ ਨਹੀਂ ਦਿੱਸਦਾ । ਤਸ—ਉਸ (ਪ੍ਰਭੂ) ਨੂੰ । ਰਾਖਿ ਬਿਚਾਰਾ—ਆਪਣੀ ਵਿਚਾਰ ਵਿਚ ਰੱਖ, ਉਸ ਵਿਚ ਸੁਰਤ ਜੋੜ । ਦਸਵੈ ਦੁਆਰਿ—ਦਸਵੇਂ ਦਰ ਵਿਚ {ਨੋਟ:- ਦੋ ਅੱਖਾਂ, ਦੋ ਕੰਨ, ਦੋ ਨਾਸਾਂ, ਇਕ ਮੂੰਹ, ਇੰਦ੍ਰੀ, ਗੁਦਾ—ਇਹ ਨੌ ਗੋਲਕਾਂ, ਸਰੀਰ ਦੇ ਇਹ ਨੌਂ ਦਰਵਾਜ਼ੇ ਸਰੀਰ ਦੀ ਸਥੂਲ ਕ੍ਰਿਆ ਨਿਭਾਉਂਦੇ ਹਨ । ਇਹਨਾਂ ਤੋਂ ਮਨੁੱਖਾ ਸਰੀਰ ਦਾ ਇਕ ਹੋਰ ਦਰਵਾਜ਼ਾ ਮੰਨਿਆ ਗਿਆ ਹੈ, ਉਹ ਹੈ ਮਨੁੱਖ ਦਾ ਦਿਮਾਗ਼, ਜੋ ਵਿਚਾਰ-ਕੇਂਦਰ ਹੈ} । ਕੁੰਜੀ—(ਭਾਵ) ਗੁਰੂ, ਗੁਰਬਾਣੀ {ਨੋਟ:- ਮਾਇਆ ਵਿਚ ਗ੍ਰਸੇ ਮਨੁੱਖ ਦਾ ਦਿਮਾਗ਼ ਸਦਾ ਮਾਇਆ ਦੀਆਂ ਗੱਲਾਂ ਸੋਚਦਾ ਹੈ; ਪਰਮਾਤਮਾ ਵਾਲੇ ਪਾਸੇ ਤੋਂ ਉਸ ਨੂੰ, ਮਾਨੋ, ਜੰਦ੍ਰਾ ਵੱਜਾ ਰਹਿੰਦਾ ਹੈ; ਮਾਇਆ ਦੀ ਪਾਹ ਦਸਮ-ਦੁਆਰ ਨੂੰ ਜੰਦ੍ਰਾ ਹੈ, ਸਤਿਗੁਰੂ ਦੀ ਬਾਣੀ ਇਸ ਜੰਦ੍ਰੇ ਨੂੰ ਖੋਲ੍ਹਦੀ ਹੈ, ਤੇ ਮਨ ਮਾਇਆ ਦੇ ਅਸਰ ਹੇਠੋਂ ਨਿਕਲ ਕੇ ਪ੍ਰਭੂ ਦੀ ਯਾਦ ਵਿਚ ਜੁੜਦਾ ਹੈ} ।੨੪।

ਅਰਥ:- ਜੋ ਇਹ ਸੰਸਾਰ (ਇਹਨਾਂ ਅੱਖਾਂ ਨਾਲ) ਦਿੱਸ ਰਿਹਾ ਹੈ, ਇਹ ਸਾਰਾ ਨਾਸਵੰਤ ਹੈ, (ਹੇ ਭਾਈ!) ਤੂੰ ਸਦਾ ਪ੍ਰਭੂ ਵਿਚ ਸੁਰਤ ਜੋੜ, ਜੋ (ਇਹਨਾਂ ਅੱਖਾਂ ਨਾਲ) ਦਿੱਸਦਾ ਨਹੀਂ ਹੈ (ਭਾਵ, ਜੋ ਦਿੱਸਦੇ ਤ੍ਰਿਗੁਣੀ ਸੰਸਾਰ ਨਾਲੋਂ ਵੱਖਰਾ ਭੀ ਹੈ) । ਪਰ, ਉਸ ਦਿਆਲ ਪ੍ਰਭੂ ਦਾ ਦੀਦਾਰ ਤਦੋਂ ਹੀ ਕੀਤਾ ਜਾ ਸਕਦਾ ਹੈ, ਜਦੋਂ (ਗੁਰਬਾਣੀ-ਰੂਪ) ਕੁੰਜੀ ਦਸਵੇਂ ਦੁਆਰ ਵਿਚ ਲਾਈਏ, (ਭਾਵ, ਜਦੋਂ ਮਨ ਨੂੰ ਸਤਿਗੁਰੂ ਦੀ ਬਾਣੀ ਨਾਲ ਜੋੜੀਏ) ।੨੪।

ਧਧਾ ਅਰਧਹਿ ਉਰਧ ਨਿਬੇਰਾ ॥ ਅਰਧਹਿ ਉਰਧਹ ਮੰਝਿ ਬਸੇਰਾ ॥ ਅਰਧਹ ਛਾਡਿ ਉਰਧ ਜਉ ਆਵਾ ॥ ਤਉ ਅਰਧਹਿ ਉਰਧ ਮਿਲਿਆ ਸੁਖ ਪਾਵਾ ॥੨੫॥ {ਪੰਨਾ 341}

ਪਦਅਰਥ:- ਉਰਧ {@Ev} ਉੱਚਾ (ਭਾਵ, ਪਰਮਾਤਮਾ) । ਅਰਧਹਿ—{ਨੋਟ:- ਸੰਸਕ੍ਰਿਤ ਲਫ਼ਜ਼ ਹੈ AD, ਇਸ ਦਾ ਅਰਥ ਹੈ 'ਅੱਧਾ'; ਪਰ ਇੱਥੇ ਇਹ ਅਰਥ ਮੇਲ ਨਹੀਂ ਖਾਂਦਾ । ਸੰਸਕ੍ਰਿਤ ਲਫ਼ਜ਼ "ਉਰਧ੍ਵ" (ਜਿਸ ਦਾ ਅਰਥ ਹੈ "ਉੱਚਾ") ਦੇ ਮੁਕਾਬਲੇ ਤੇ ਲਫ਼ਜ਼ ਹੈ "ਅਧਹ" (ਇਸ ਦਾ ਅਰਥ ਹੈ "ਨੀਵਾਂ") ਇਸੇ ਹੀ ਲਫ਼ਜ਼ ਤੋਂ ਬਣਿਆ ਹੈ ਲਫ਼ਜ਼ "ਅਧੋਗਤੀ" । ਇਸ ਬੰਦ ਵਿਚ ਭੀ ਲਫ਼ਜ਼ 'ਅਰਧਹਿ' ਸੰਸਕ੍ਰਿਤ ਲਫ਼ਜ਼ "ਅਧਹ" ਦੇ ਥਾਂ ਹੀ ਹੈ} ਹੇਠਲਾ, ਨੀਵਾਂ, ਨੀਵੇਂ ਫੁਰਨਿਆਂ ਵਿਚ ਰਹਿਣ ਵਾਲਾ (ਭਾਵ, ਜੀਵਾਤਮਾ) । ਨਿਬੇਰਾ—ਫ਼ੈਸਲਾ, ਖ਼ਾਤਮਾ, ਜਨਮ ਮਰਨ ਦਾ ਖ਼ਾਤਮਾ । ਉਰਧਹ ਮੰਝਿ—ਉੱਚੇ ਪ੍ਰਭੂ ਵਿਚ । ਬਸੇਰਾ—ਨਿਵਾਸ । ਅਰਧਹ ਛਾਡਿ—ਨੀਵੀਂ ਅਵਸਥਾ ਨੂੰ ਛੱਡ ਕੇ । ਜਉ—ਜਦੋਂ । ਉਰਧ ਆਵਾ—ਉੱਚੀ ਅਵਸਥਾ ਵਿਚ ਅੱਪੜਦਾ ਹੈ ।੨੫।

ਅਰਥ:- ਜਦੋਂ ਜੀਵਾਤਮਾ ਦਾ ਨਿਵਾਸ ਪਰਮਾਤਮਾ ਵਿਚ ਹੁੰਦਾ ਹੈ (ਭਾਵ, ਜਦੋਂ ਜੀਵ ਪ੍ਰਭੂ-ਚਰਨਾਂ ਵਿਚ ਜੁੜਦਾ ਹੈ), ਤਾਂ ਪ੍ਰਭੂ ਨਾਲ (ਇੱਕ-ਰੂਪ ਹੋਇਆਂ ਹੀ ਜੀਵ (ਦੇ ਜਨਮ ਮਰਨ) ਦਾ ਖ਼ਾਤਮਾ ਹੁੰਦਾ ਹੈ । (ਜੀਵਾਤਮਾ ਤੇ ਪਰਮਾਤਮਾ ਦੀ ਵਿੱਥ ਮੁੱਕ ਜਾਂਦੀ ਹੈ) । ਜਦੋਂ ਜੀਵ ਨੀਵੀਂ ਅਵਸਥਾ ਨੂੰ (ਭਾਵ, ਮਾਇਆ ਦੇ ਮੋਹ ਨੂੰ) ਛੱਡ ਕੇ ਉੱਚੀ ਅਵਸਥਾ ਤੇ ਅੱਪੜਦਾ ਹੈ ਤਦੋਂ ਜੀਵ ਨੂੰ ਪਰਮਾਤਮਾ ਮਿਲ ਪੈਂਦਾ ਹੈ, ਤੇ ਇਸ ਨੂੰ (ਅਸਲ) ਸੁਖ ਪ੍ਰਾਪਤ ਹੋ ਜਾਂਦਾ ਹੈ ।੨੫।

ਨੰਨਾ ਨਿਸਿ ਦਿਨੁ ਨਿਰਖਤ ਜਾਈ ॥ ਨਿਰਖਤ ਨੈਨ ਰਹੇ ਰਤਵਾਈ ॥ ਨਿਰਖਤ ਨਿਰਖਤ ਜਬ ਜਾਇ ਪਾਵਾ ॥ ਤਬ ਲੇ ਨਿਰਖਹਿ ਨਿਰਖ ਮਿਲਾਵਾ ॥੨੬॥ {ਪੰਨਾ 341}

ਪਦਅਰਥ:- ਨਿਸਿ—ਰਾਤ । ਨਿਰਖਤ—{ਸੰ: ਨਿਰੀਖਤ} ਤੱਕਦਿਆਂ, ਭਾਲ ਕਰਦਿਆਂ, ਉਡੀਕਦਿਆਂ । ਜਾਈ—ਲੰਘਦਾ ਹੈ, ਗੁਜ਼ਰਦਾ ਹੈ । ਨੈਨ—ਅੱਖਾਂ । ਰਤਵਾਈ—ਰੱਤੇ ਹੋਏ, ਮਤਵਾਲੇ, ਪ੍ਰੇਮੀ । ਜਾਇ ਪਾਵਾ—

ਜਾ ਕੇ ਪਾ ਲਿਆ, ਆਖ਼ਰ ਲੱਭ ਲਿਆ, ਦੀਦਾਰ ਕਰ ਲਿਆ । ਨਿਰਖਹਿ—{ਸੰ: ਨਿਰੀਖ੍ਕ ਨੂੰ, ਭਾਲ ਕਰਨ ਵਾਲੇ ਨੂੰ, ਦਰਸ਼ਨ ਦੀ ਤਾਂਘ ਰੱਖਣ ਵਾਲੇ ਨੂੰ । ਨਿਰਖ—{ਸੰ: ਨਿਰੀਖ੍} ਜਿਸ ਨੂੰ ਤੱਕੀਦਾ ਹੈ, ਜਿਸ ਦੀ ਭਾਲ ਕੀਤੀ ਜਾਂਦੀ ਹੈ, ਉਹ ਪ੍ਰਭੂ ਜਿਸ ਦੇ ਦੀਦਾਰ ਦੀ ਉਡੀਕ ਜੀਵ ਨੂੰ ਲੱਗੀ ਹੁੰਦੀ ਹੈ ।੨੬।

ਅਰਥ:- (ਜਿਸ ਜੀਵ ਦਾ) ਦਿਨ ਰਾਤ (ਭਾਵ, ਸਾਰਾ ਸਮਾ) (ਪ੍ਰਭੂ ਦੇ ਦੀਦਾਰ ਦੀ) ਉਡੀਕ ਕਰਦਿਆਂ ਗੁਜ਼ਰਦਾ ਹੈ, ਤੱਕਦਿਆਂ (ਭਾਵ, ਦੀਦਾਰ ਦੀ ਲਗਨ ਵਿਚ ਹੀ) ਉਸ ਦੇ ਨੇਤਰ (ਪ੍ਰਭੂ-ਦੀਦਾਰ ਲਈ) ਮਤਵਾਲੇ ਹੋ ਜਾਂਦੇ ਹਨ । ਦੀਦਾਰ ਦੀ ਤਾਂਘ ਕਰਦਿਆਂ ਕਰਦਿਆਂ ਜਦੋਂ ਆਖ਼ਰ ਦੀਦਾਰ ਹੁੰਦਾ ਹੈ ਤਾਂ ਉਹ ਇਸ਼ਟ-ਪ੍ਰਭੂ ਦਰਸ਼ਨ ਦੀ ਤਾਂਘ ਰੱਖਣ ਵਾਲੇ (ਆਪਣੇ ਪ੍ਰੇਮੀ) ਨੂੰ ਆਪਣੇ ਨਾਲ ਮਿਲਾ ਲੈਂਦਾ ਹੈ ।੨੬।

ਪਪਾ ਅਪਰ ਪਾਰੁ ਨਹੀ ਪਾਵਾ ॥ ਪਰਮ ਜੋਤਿ ਸਿਉ ਪਰਚਉ ਲਾਵਾ ॥ ਪਾਂਚਉ ਇੰਦ੍ਰੀ ਨਿਗ੍ਰਹ ਕਰਈ ॥ ਪਾਪੁ ਪੁੰਨੁ ਦੋਊ ਨਿਰਵਰਈ ॥੨੭॥ {ਪੰਨਾ 341}

ਪਦਅਰਥ:- ਅਪਰ—{ਅ-ਪਰ, (ਸੰ: nwi0q pro Xomwq) ਜਿਸ ਤੋਂ ਪਰੇ ਹੋਰ ਕੋਈ ਨਹੀਂ, ਜਿਸ ਤੋਂ ਵੱਡਾ ਹੋਰ ਕੋਈ ਨਹੀਂ । ਪਾਰੁ—ਪਾਰਲਾ ਬੰਨਾ, ਅੰਤ । ਪਾਵਾ—ਪਾਇਆ । ਪਰਚਉ—{ਸੰ: ਪਰਿਚਯ} ਪਿਆਰ, ਸਾਂਝ । ਨਿਗ੍ਰਹ ਕਰਈ—ਰੋਕ ਲੈਂਦਾ ਹੈ । ਨਿਰਵਰਈ—ਨਿਵਾਰ ਦੇਂਦਾ ਹੈ, ਦੂਰ ਕਰ ਦੇਂਦਾ ਹੈ । ਪਰਮ ਜੋਤਿ—ਉਹ ਚਾਨਣ ਜੋ ਸਭ ਤੋਂ ਉੱਚਾ ਹੈ, ਸਭ ਨੂੰ ਚਾਨਣ ਦੇਣ ਵਾਲੀ ਜੋਤ ।੨੭।

ਅਰਥ:- ਪਰਮਾਤਮਾ ਸਭ ਤੋਂ ਵੱਡਾ ਹੈ, ਉਸ ਦਾ ਕਿਸੇ ਨੇ ਅੰਤ ਨਹੀਂ ਲੱਭਾ । ਜਿਸ ਜੀਵ ਨੇ ਚਾਨਣ-ਦੇ-ਸੋਮੇ ਪ੍ਰਭੂ ਨਾਲ ਪਿਆਰ ਜੋੜਿਆ ਹੈ, ਉਹ ਆਪਣੇ ਪੰਜੇ ਹੀ ਗਿਆਨ-ਇੰਦਰਿਆਂ ਨੂੰ (ਇਉਂ) ਵੱਸ ਕਰ ਲੈਂਦਾ ਹੈ ਕਿ ਉਹ ਜੀਵ ਪਾਪ ਤੇ ਪੁੰਨ ਦੋਹਾਂ ਨੂੰ ਦੂਰ ਕਰ ਦੇਂਦਾ ਹੈ (ਭਾਵ, ਪੰਜੇ ਗਿਆਨ-ਇੰਦਰਿਆਂ ਨੂੰ ਉਹ ਇਸ ਤਰ੍ਹਾਂ ਪੂਰਨ ਤੌਰ ਤੇ ਕਾਬੂ ਕਰਦਾ ਹੈ ਕਿ ਉਸ ਨੂੰ ਆਪਣੇ ਕੰਮਾਂ ਬਾਰੇ ਇਹ ਸੋਚਣ ਦੀ ਲੋੜ ਹੀ ਨਹੀਂ ਰਹਿੰਦੀ ਜੁ ਮੈਂ ਜਿਹੜਾ ਕੰਮ ਕਰਦਾ ਹਾਂ ਇਹ ਪਾਪ ਹੈ ਜਾਂ ਪੁੰਨ; ਸੁਤੇ ਹੀ ਉਸ ਦਾ ਹਰੇਕ ਕੰਮ ਕਾਮਾਦਿਕ ਵਿਕਾਰਾਂ ਤੋਂ ਬਰੀ ਹੁੰਦਾ ਹੈ) ।੨੭।

ਫਫਾ ਬਿਨੁ ਫੂਲਹ ਫਲੁ ਹੋਈ ॥ ਤਾ ਫਲ ਫੰਕ ਲਖੈ ਜਉ ਕੋਈ ॥ ਦੂਣਿ ਨ ਪਰਈ ਫੰਕ ਬਿਚਾਰੈ ॥ ਤਾ ਫਲ ਫੰਕ ਸਭੈ ਤਨ ਫਾਰੈ ॥੨੮॥ {ਪੰਨਾ 341}

ਪਦਅਰਥ:- ਬਿਨੁ ਫੂਲਹ—ਫੁੱਲਣ ਤੋਂ ਬਿਨਾ, ਜੇ ਜੀਵ ਫੁੱਲਣਾ ਛੱਡ ਦੇਵੇ, ਜੇ ਜੀਵ ਆਪਣੇ ਸਰੀਰ ਤੇ ਫੁੱਲਣਾ ਛੱਡ ਦੇਵੇ, ਜੇ ਆਪਣੇ ਆਪ ਉੱਤੇ ਮਾਣ ਕਰਨਾ ਛੱਡ ਦੇਵੇ, ਜੇ ਜੀਵ ਦੇਹ-ਅੱਧਿਆਸ ਤਿਆਗ ਦੇਵੇ । ਫਲੁ—(ਮਨੁੱਖਾ ਜਨਮ ਦਾ) ਫਲ, ਉਹ ਪਦਾਰਥ ਜਿਸ ਦੀ ਖ਼ਾਤਰ ਮਨੁੱਖਾ-ਜਨਮ ਮਿਲਿਆ ਹੈ, ਪਰਮਾਤਮਾ ਦੇ ਨਾਮ ਦੀ ਸੂਝ । ਫੰਕ—ਨਿੱਕੀ ਜਿਹੀ ਫਾੜੀ, ਰਤਾ ਕੁ ਹਿੱਸਾ । ਤਾ ਫਲ ਫੰਕ—ਉਸ ਫਲ ਦੀ ਨਿੱਕੀ ਜਿਹੀ ਫਾੜੀ, ਉਸ ਰੱਬੀ ਸੂਝ ਦਾ ਰਤਾ ਕੁ ਝਲਕਾਰਾ । ਜਉ—ਜੇ । ਲਖੈ—ਸਮਝ ਲਏ । ਦੂਣਿ—ਦੋ ਪਹਾੜਾਂ ਦੇ ਵਿਚਕਾਰਲਾ ਮੈਦਾਨੀ ਇਲਾਕਾ, ਜਨਮ ਤੇ ਮਰਨ ਦਾ ਗੇੜ । ਪਰਈ—ਪਰੈ, ਪੈਂਦਾ । ਫੰਕ—(ਗਿਆਨ ਦਾ) ਰਤਾ ਕੁ ਝਲਕਾਰਾ । ਸਭੈ ਤਨ—ਸਾਰੇ ਸਰੀਰ ਨੂੰ, ਸਾਰਾ ਹੀ ਦੇਹ-ਅੱਧਿਆਸ, ਸਾਰਾ ਹੀ ਸਰੀਰਕ ਮੋਹ । ਫਾਰੈ—ਫਾੜੈ, ਨਾਸ ਕਰ ਦੇਂਦਾ ਹੈ ।੨੮।

ਅਰਥ:- ਜੇ ਜੀਵ ਆਪਣੇ ਆਪ ਉੱਤੇ ਮਾਣ ਕਰਨਾ ਛੱਡ ਦੇਵੇ, ਤਾਂ ਇਸ ਨੂੰ (ਨਾਮ-ਪਦਾਰਥ ਰੂਪ ਉਹ) ਫਲ ਮਿਲ ਜਾਂਦਾ ਹੈ (ਜਿਸ ਦੀ ਖ਼ਾਤਰ ਮਨੁੱਖਾ-ਜਨਮ ਮਿਲਿਆ ਹੈ) । ਤੇ, ਜੇ ਕੋਈ ਉਸ ਰੱਬੀ ਸੂਝ ਦਾ ਰਤਾ ਕੁ

ਭੀ ਝਲਕਾਰਾ ਸਮਝ ਲਏ, ਜੇ ਉਸ ਝਲਕਾਰੇ ਨੂੰ ਵਿਚਾਰੇ ਤਾਂ ਉਹ ਜਨਮ ਮਰਨ ਦੀ ਖੱਡ ਵਿਚ ਨਹੀਂ ਪੈਂਦਾ, (ਕਿਉਂਕਿ) ਰੱਬੀ ਸੂਝ ਦਾ ਉਹ ਨਿੱਕਾ ਜਿਹਾ ਭੀ ਝਲਕਾਰਾ ਉਸ ਦੇ ਦੇਹ-ਅੱਧਿਆਸ (ਆਪੇ ਦੇ ਮਾਣ) ਨੂੰ ਪੂਰਨ ਤੌਰ ਤੇ ਮੁਕਾ ਦੇਂਦਾ ਹੈ ।੨੮।

ਬਬਾ ਬਿੰਦਹਿ ਬਿੰਦ ਮਿਲਾਵਾ ॥ ਬਿੰਦਹਿ ਬਿੰਦਿ ਨ ਬਿਛੁਰਨ ਪਾਵਾ ॥ ਬੰਦਉ ਹੋਇ ਬੰਦਗੀ ਗਹੈ ॥ ਬੰਦਕ ਹੋਇ ਬੰਧ ਸੁਧਿ ਲਹੈ ॥੨੯॥ {ਪੰਨਾ 341}

ਪਦਅਰਥ:- ਬਿੰਦਹਿ—(ਪਾਣੀ ਦੀ) ਬੂੰਦ ਵਿਚ । ਬਿੰਦ—ਪਾਣੀ ਦੀ ਬੂੰਦ । ਮਿਲਾਵਾ—ਮਿਲ ਗਈ । ਬਿੰਦਹਿ—ਬਿੰਦ-ਮਾਤ੍ਰ, ਨਿਮਖ-ਮਾਤ੍ਰ, ਥੋੜੇ ਜਿਹੇ ਸਮੇ ਲਈ ਭੀ । ਬਿੰਦਿ—ਬਿੰਦ ਕੇ, ਜਾਣ ਕੇ, ਸਾਂਝ ਪਾ ਕੇ {ਸੰ: ਵਿੰਦਤਿ, ivNdiq—ਜਾਣਦਾ ਹੈ} ਬੰਦਉ—ਬੰਦਾ, ਗ਼ੁਲਾਮ, ਸੇਵਕ । ਹੋਇ—ਹੋ ਕੇ, ਬਣ ਕੇ । ਗਹੈ—ਗ੍ਰਹਿਣ ਕਰਦਾ ਹੈ, ਪਕੜ ਲੈਂਦਾ ਹੈ, ਪ੍ਰੇਮ ਨਾਲ ਕਰਦਾ ਹੈ । ਬੰਦਕ—{ਸੰ: ਵੰਦਕ} ਉਸਤਤ ਕਰਨ ਵਾਲਾ, ਸਿਫ਼ਤਿ-ਸਾਲਾਹ ਕਰਨ ਵਾਲਾ, ਢਾਡੀ । ਬੰਧ—ਜਕੜ, ਜ਼ੰਜੀਰ । ਸੁਧਿ—ਸੂਝ, ਸਮਝ । ਬੰਧ ਸੁਧਿ—ਬੰਦਾਂ ਦੀ ਸੂਝ, (ਮਾਇਆ ਦੇ ਮੋਹ ਦੇ) ਜ਼ੰਜੀਰਾਂ ਦੀ ਸਮਝ । ਲਹੈ—ਲੱਭ ਲੈਂਦਾ ਹੈ ।੨੯।

ਅਰਥ:- (ਜਿਵੇਂ ਪਾਣੀ ਦੀ) ਬੂੰਦ ਵਿਚ (ਪਾਣੀ ਦੀ) ਬੂੰਦ ਮਿਲ ਜਾਂਦੀ ਹੈ, (ਤੇ, ਫਿਰ ਵੱਖ ਨਹੀਂ ਹੋ ਸਕਦੀ, ਤਿਵੇਂ ਪ੍ਰਭੂ ਨਾਲ) ਨਿਮਖ-ਮਾਤ੍ਰ ਭੀ ਸਾਂਝ ਪਾ ਕੇ (ਜੀਵ ਪ੍ਰਭੂ ਤੋਂ) ਵਿੱਛੁੜ ਨਹੀਂ ਸਕਦਾ (ਕਿਉਂਕਿ ਜੋ ਮਨੁੱਖ ਪ੍ਰਭੂ ਦਾ) ਸੇਵਕ ਬਣ ਕੇ ਪ੍ਰੇਮ ਨਾਲ (ਪ੍ਰਭੂ ਦੀ) ਭਗਤੀ ਕਰਦਾ ਹੈ, ਉਹ (ਪ੍ਰਭੂ ਦੇ ਦਰ ਦਾ) ਢਾਡੀ ਬਣ ਕੇ (ਮਾਇਆ ਦੇ ਮੋਹ ਦੇ) ਜ਼ੰਜੀਰਾਂ ਦਾ ਭੇਤ ਪਾ ਲੈਂਦਾ ਹੈ (ਤੇ ਇਹਨਾਂ ਦੇ ਧੋਖੇ ਵਿਚ ਨਹੀਂ ਆਉਂਦਾ) ।੨੯।

ਭਭਾ ਭੇਦਹਿ ਭੇਦ ਮਿਲਾਵਾ ॥ ਅਬ ਭਉ ਭਾਨਿ ਭਰੋਸਉ ਆਵਾ ॥ ਜੋ ਬਾਹਰਿ ਸੋ ਭੀਤਰਿ ਜਾਨਿਆ ॥ ਭਇਆ ਭੇਦੁ ਭੂਪਤਿ ਪਹਿਚਾਨਿਆ ॥੩੦॥ {ਪੰਨਾ 342}

ਪਦਅਰਥ:- ਭੇਦਹਿ—ਭੇਦ ਨੂੰ, (ਪ੍ਰਭੂ ਨਾਲੋਂ ਪਈ) ਵਿੱਥ ਨੂੰ । ਭੇਦਿ—ਵਿੰਨ੍ਹ ਕੇ, ਮੁਕਾ ਕੇ । ਮਿਲਾਵਾ—ਮਿਲਾ ਲਿਆ, ਪ੍ਰਭੂ ਨਾਲ ਆਪਣੇ ਆਪ ਨੂੰ ਜੋੜ ਲਿਆ, ਪ੍ਰਭੂ ਦੀ ਯਾਦ ਵਿਚ ਆਪਣੇ ਮਨ ਨੂੰ ਜੋੜ ਲਿਆ । ਅਬ—ਹੁਣ, ਉਸ ਯਾਦ ਦੀ ਬਰਕਤ ਨਾਲ । ਭਾਨਿ—ਭੰਨਿ, ਦੂਰ ਕੇ । ਭਰੋਸਉ—ਭਰੋਸਾ, ਸ਼ਰਧਾ, ਇਹ ਯਕੀਨ ਕਿ ਪ੍ਰਭੂ ਮੇਰੇ ਅੰਗ-ਸੰਗ ਹੈ । ਭੇਦੁ—ਭੇਤ, ਰਾਜ਼, ਗੁਝ ਗੱਲ । ਭਇਆ—(ਪਰਗਟ) ਭਇਆ । ਭੂਪਤਿ—{ਭੂ-ਪਤਿ । ਧਰਤੀ ਦਾ ਪਤੀ} ਸ੍ਰਿਸ਼ਟੀ ਦਾ ਮਾਲਕ-ਪ੍ਰਭੂ । ਪਹਿਚਾਨਿਆ—ਪਛਾਣ ਲਿਆ, ਸਾਂਝ ਬਣਾ ਲਈ ।੩੦।

ਅਰਥ:- ਜੋ ਮਨੁੱਖ (ਪ੍ਰਭੂ ਨਾਲੋਂ ਪਈ) ਵਿੱਥ ਨੂੰ ਮੁਕਾ ਕੇ (ਆਪਣੇ ਮਨ ਨੂੰ ਪ੍ਰਭੂ ਦੀ ਯਾਦ ਵਿਚ) ਜੋੜਦਾ ਹੈ, ਉਸ ਯਾਦ ਦੀ ਬਰਕਤਿ ਨਾਲ (ਸੰਸਾਰਕ) ਡਰ ਦੂਰ ਕੀਤਿਆਂ ਉਸ ਨੂੰ ਪ੍ਰਭੂ ਤੇ ਸ਼ਰਧਾ ਬਣ ਜਾਂਦੀ ਹੈ । ਜੋ ਪਰਮਾਤਮਾ ਸਾਰੇ ਜਗਤ ਵਿਚ ਵਿਆਪਕ ਹੈ, ਉਸ ਨੂੰ ਉਹ ਆਪਣੇ ਅੰਦਰ ਵੱਸਦਾ ਜਾਣ ਲੈਂਦਾ ਹੈ, (ਤੇ ਜਿਉਂ ਜਿਉਂ) ਇਹ ਰਾਜ਼ ਉਸ ਨੂੰ ਖੁਲ੍ਹਦਾ ਹੈ (ਕਿ ਅੰਦਰ ਬਾਹਰ ਹਰ ਥਾਂ ਪ੍ਰਭੂ ਵੱਸ ਰਿਹਾ ਹੈ) ਉਹ ਸ੍ਰਿਸ਼ਟੀ ਦੇ ਮਾਲਕ-ਪ੍ਰਭੂ ਨਾਲ (ਯਾਦ ਦੀ) ਸਾਂਝ ਪਾ ਲੈਂਦਾ ਹੈ ।੩੦।

ਮਮਾ ਮੂਲ ਗਹਿਆ ਮਨੁ ਮਾਨੈ ॥ ਮਰਮੀ ਹੋਇ ਸੁ ਮਨ ਕਉ ਜਾਨੈ ॥ ਮਤ ਕੋਈ ਮਨ ਮਿਲਤਾ ਬਿਲਮਾਵੈ ॥ ਮਗਨ ਭਇਆ ਤੇ ਸੋ ਸਚੁ ਪਾਵੈ ॥੩੧॥ {ਪੰਨਾ 342}

ਪਦਅਰਥ:- ਮੂਲ—ਮੁੱਢ, ਜਗਤ ਦਾ ਮੂਲ, ਸਾਰੇ ਜਗਤ ਨੂੰ ਪੈਦਾ ਕਰਨ ਵਾਲਾ । ਗਹਿਆ—ਪਕੜਿਆਂ, ਮਨ ਵਿਚ ਵਸਾਇਆਂ । ਮਾਨੈ—ਮੰਨਦਾ ਹੈ, ਪਤੀਜਦਾ ਹੈ, ਟਿਕ ਜਾਂਦਾ ਹੈ, ਭਟਕਣੋਂ ਹਟ ਜਾਂਦਾ ਹੈ । ਮਰਮ—ਭੇਤ । ਮਰਮੀ—ਭੇਤੀ, ਵਾਕਫ਼ । ਮਰਮੀ ਹੋਇ—ਜੋ ਕੋਈ ਭੇਤੀ ਹੋ ਜਾਂਦਾ ਹੈ, ਜੋ ਜੀਵ ਇਹ ਭੇਤ ਪਾ ਲੈਂਦਾ ਹੈ (ਕਿ ਪ੍ਰਭੂ-ਚਰਨਾਂ ਵਿਚ ਜੁੜਿਆਂ ਮਨ ਭਟਕਣੋਂ ਹਟ ਜਾਂਦਾ ਹੈ) । ਸੁ—ਉਹ ਜੀਵ । ਮਨ ਕਉ—ਮਨ ਨੂੰ, ਮਨ ਦੀ ਦੌੜ-ਭੱਜ ਨੂੰ । ਮਤ ਕੋਈ ਬਿਲਮਾਵੈ—ਮਤਾਂ ਕੋਈ ਦੇਰ ਲਾਏ । ਮਗਨ—ਮਸਤ । ਸਚੁ—ਸਦਾ-ਥਿਰ ਰਹਿਣ ਵਾਲਾ ਪ੍ਰਭੂ । ਪਾਵੈ—ਲੱਭ ਲੈਂਦਾ ਹੈ । ਤੈ—ਅਤੇ ।੩੧।

ਅਰਥ:- ਜੇ ਜਗਤ ਦੇ ਮੂਲ-ਪ੍ਰਭੂ ਨੂੰ ਆਪਣੇ ਮਨ ਵਿਚ ਵਸਾ ਲਈਏ, ਤਾਂ ਮਨ ਭਟਕਣੋਂ ਹਟ ਜਾਂਦਾ ਹੈ । ਜੋ ਜੀਵ ਇਹ ਭੇਤ ਪਾ ਲੈਂਦਾ ਹੈ (ਕਿ ਪ੍ਰਭੂ-ਚਰਨਾਂ ਵਿਚ ਜੁੜਿਆਂ ਮਨ ਟਿਕ ਜਾਂਦਾ ਹੈ) ਉਹ ਜੀਵ ਮਨ (ਦੀ ਦੌੜ-ਭੱਜ) ਨੂੰ ਸਮਝ ਲੈਂਦਾ ਹੈ । (ਸੋ,) ਜੇ ਮਨ (ਪ੍ਰਭੂ-ਚਰਨਾਂ ਵਿਚ) ਜੁੜਨ ਲੱਗੇ ਤਾਂ ਮਤਾਂ ਕੋਈ (ਇਸ ਕੰਮ ਵਿਚ) ਢਿੱਲ ਕਰੇ; (ਕਿਉਂਕਿ ਪ੍ਰਭੂ-ਚਰਨਾਂ ਵਿਚ ਜੁੜਨ ਦੀ ਬਰਕਤ ਨਾਲ) ਮਨ (ਪ੍ਰਭੂ ਵਿਚ) ਲੀਨ ਹੋ ਜਾਂਦਾ ਹੈ, ਅਤੇ ਉਸ ਸਦਾ-ਥਿਰ ਰਹਿਣ ਵਾਲੇ ਪ੍ਰਭੂ ਨੂੰ ਪ੍ਰਾਪਤ ਕਰ ਲੈਂਦਾ ਹੈ ।੩੧।

ਮਮਾ ਮਨ ਸਿਉ ਕਾਜੁ ਹੈ ਮਨ ਸਾਧੇ ਸਿਧਿ ਹੋਇ ॥ ਮਨ ਹੀ ਮਨ ਸਿਉ ਕਹੈ ਕਬੀਰਾ ਮਨ ਸਾ ਮਿਲਿਆ ਨ ਕੋਇ ॥੩੨॥ {ਪੰਨਾ 342}

ਪਦਅਰਥ:- ਸਿਉ—ਨਾਲ । ਕਾਜੁ—(ਅਸਲ) ਕੰਮ । ਸਾਧੇ—ਸਾਧਣ ਨਾਲ, ਸਾਧਿਆਂ, ਵੱਸ ਵਿਚ ਕੀਤਿਆਂ । ਸਿਧਿ—ਸਫਲਤਾ, ਉਸ 'ਕਾਜ' ਦੀ ਸਫ਼ਲਤਾ ਜਿਸ ਵਾਸਤੇ ਜੀਵ ਜਗਤ ਵਿਚ ਆਇਆ ਹੈ । ਮਨ ਹੀ ਮਨ ਸਿਉ—ਮਨ ਸਿਉ ਹੀ, ਮਨ ਸਿਉ ਹੀ, ਮਨ ਨਾਲ ਹੀ, ਮਨ ਨਾਲ ਹੀ; ਨਿਰੋਲ ਮਨ ਨਾਲ ਹੀ (ਕਾਜ ਹੈ) । ਮਨ ਸਾ—ਮਨ ਵਰਗਾ ।੩੨।

ਅਰਥ:- (ਹਰੇਕ ਜੀਵ ਦਾ ਜਗਤ ਵਿਚ ਆਉਣ ਦਾ ਅਸਲ) ਕੰਮ ਮਨ ਨਾਲ ਹੈ (ਉਹ ਕੰਮ ਇਹ ਹੈ ਕਿ ਜੀਵ ਆਪਣੇ ਮਨ ਨੂੰ ਕਾਬੂ ਵਿਚ ਰੱਖੇ) । ਮਨ ਨੂੰ ਵੱਸ ਵਿਚ ਕੀਤਿਆਂ ਹੀ (ਜੀਵ ਨੂੰ ਅਸਲ ਮਨੋਰਥ ਦੀ) ਕਾਮਯਾਬੀ ਹੁੰਦੀ ਹੈ । ਕਬੀਰ ਆਖਦਾ ਹੈ (ਕਿ ਜੀਵ ਦਾ ਅਸਲ ਕੰਮ) ਨਿਰੋਲ ਮਨ ਨਾਲ ਹੀ ਹੈ, ਮਨ ਵਰਗਾ (ਜੀਵ ਨੂੰ) ਹੋਰ ਕੋਈ ਨਹੀਂ ਮਿਲਿਆ (ਜਿਸ ਨਾਲ ਇਸ ਦਾ ਅਸਲ ਵਾਹ ਪੈਂਦਾ ਹੋਵੇ) ।੩੨।

ਇਹੁ ਮਨੁ ਸਕਤੀ ਇਹੁ ਮਨੁ ਸੀਉ ॥ ਇਹੁ ਮਨੁ ਪੰਚ ਤਤ ਕੋ ਜੀਉ ॥ ਇਹੁ ਮਨੁ ਲੇ ਜਉ ਉਨਮਨਿ ਰਹੈ ॥ ਤਉ ਤੀਨਿ ਲੋਕ ਕੀ ਬਾਤੈ ਕਹੈ ॥੩੩॥ {ਪੰਨਾ 342}

ਪਦਅਰਥ:- ਸਕਤੀ—ਮਾਇਆ । ਸਿਉ—ਸ਼ਿਵ, ਆਨੰਦ-ਸਰੂਪ ਪ੍ਰਭੂ । ਪੰਚ ਤਤ ਕੋ ਜੀਉ—ਪੰਜ ਤੱਤਾਂ ਦਾ ਜੀਵ, ਪੰਜ ਤੱਤਾਂ ਦਾ ਬਣਿਆ ਹੋਇਆ ਸਰੀਰ । ਲੇ—ਲੈ ਕੇ, ਵੱਸ ਵਿਚ ਕਰ ਕੇ । ਜਉ—ਜਦੋਂ । ਉਨਮਨਿ—ਉਨਮਨ ਵਿਚ, ਖਿੜਾਉ ਵਿਚ । ਰਹੈ—ਟਿਕਦਾ ਹੈ । ਤਉ—ਤਦੋਂ । ਤੀਨਿ ਲੋਕ ਕੀ ਬਾਤੈ—ਸਾਰੇ ਜਗਤ ਵਿਚ ਵਿਆਪਕ ਪ੍ਰਭੂ ਦੀਆਂ ਗੱਲਾਂ । ਕਹੈ—ਆਖਦਾ ਹੈ ।੩੩।

ਅਰਥ:- (ਮਾਇਆ ਨਾਲ ਮਿਲ ਕੇ) ਇਹ ਮਨ ਮਾਇਆ (ਦਾ ਰੂਪ) ਹੋ ਜਾਂਦਾ ਹੈ । (ਅਨੰਦ-ਸਰੂਪ ਹਰੀ ਨਾਲ ਮਿਲ ਕੇ) ਇਹ ਮਨ ਅਨੰਦ-ਸਰੂਪ ਹਰੀ ਬਣ ਜਾਂਦਾ ਹੈ । (ਸਰੀਰ ਨਾਲ ਜੁੜ ਕੇ) ਇਹ ਮਨ ਸਰੀਰ-ਰੂਪ ਹੀ ਹੋ ਜਾਂਦਾ ਹੈ (ਭਾਵ, ਆਪਣੇ ਆਪ ਨੂੰ ਸਰੀਰ ਨਾਲੋਂ ਵੱਖਰਾ ਨਹੀਂ ਸਮਝਦਾ, ਆਪਣੇ ਕਰਤੱਬ ਖਾਣਾ-ਪੀਣਾ ਹੀ ਸਮਝਦਾ ਹੈ) ।

ਪਰ ਜਦੋਂ ਮਨੁੱਖ ਇਸ ਮਨ ਨੂੰ ਵੱਸ ਵਿਚ ਕਰ ਕੇ ਪੂਰਨ ਖਿੜਾਉ ਵਿਚ ਟਿਕਦਾ ਹੈ, ਤਦੋਂ ਉਹ ਸਾਰੇ ਜਗਤ ਵਿਚ ਵਿਆਪਕ ਪ੍ਰਭੂ ਦੀਆਂ ਹੀ ਗੱਲਾਂ ਕਰਦਾ ਹੈ ।੩੩।

ਯਯਾ ਜਉ ਜਾਨਹਿ ਤਉ ਦੁਰਮਤਿ ਹਨਿ ਕਰਿ ਬਸਿ ਕਾਇਆ ਗਾਉ ॥ ਰਣਿ ਰੂਤਉ ਭਾਜੈ ਨਹੀ ਸੂਰਉ ਥਾਰਉ ਨਾਉ ॥੩੪॥ {ਪੰਨਾ 342}

ਪਦਅਰਥ:- ਜਉ—ਜੇ । ਜਾਨਹਿ—ਤੂੰ ਸਮਝਣਾ ਚਾਹੈਂ, ਤੂੰ ਜੀਵਨ ਦਾ ਸਹੀ ਰਸਤਾ ਜਾਨਣਾ ਚਾਹੇਂ । ਤਉ—ਤਾਂ । ਦੁਰਮਤਿ—ਭੈੜੀ ਬੁੱਧ । ਹਨਿ—ਨਾਸ ਕਰ, ਦੂਰ ਕਰ । ਕਰਿ ਬਸਿ—ਵੱਸ ਵਿਚ ਲਿਆ । ਕਾਇਆ—ਸਰੀਰ । ਗਾਉ—ਪਿੰਡ । ਰਣਿ—ਰਣ ਵਿਚ, ਜੁੱਧ ਵਿਚ । ਰੂਤਉ—ਰੁੱਝਾ ਹੋਇਆ । ਸੂਰਉ—ਸੂਰਮਾ । ਥਾਰਉ—ਤੇਰਾ ।੩੪।

ਅਰਥ:- (ਹੇ ਭਾਈ!) ਜੇ ਤੂੰ (ਜੀਵਨ ਦਾ ਸਹੀ ਰਸਤਾ) ਜਾਨਣਾ ਚਾਹੁੰਦਾ ਹੈਂ, ਤਾਂ (ਆਪਣੀ) ਭੈੜੀ ਮੱਤ ਨੂੰ ਮੁਕਾ ਦੇਹ, ਇਸ ਸਰੀਰ (-ਰੂਪ) ਪਿੰਡ ਨੂੰ (ਆਪਣੇ) ਵੱਸ ਵਿਚ ਲਿਆ (ਭਾਵ, ਅੱਖ ਕੰਨ ਆਦਿਕ ਗਿਆਨ-ਇੰਦਰਿਆਂ ਨੂੰ ਵਿਕਾਰਾਂ ਵਲ ਨਾਹ ਜਾਣ ਦੇ) । (ਇਸ ਸਰੀਰ ਨੂੰ ਵੱਸ ਵਿਚ ਲਿਆਉਣਾ, ਮਾਨੋ, ਇਕ ਜੁੱਧ ਹੈ) ਜੇ ਤੂੰ ਇਸ ਜੁੱਧ ਵਿਚ ਰੁੱਝ ਕੇ ਭਾਂਜ ਨਾਹ ਖਾ ਜਾਏਂ ਤਾਂ ਹੀ ਤੇਰਾ ਨਾਮ ਸੂਰਮਾ (ਹੋ ਸਕਦਾ) ਹੈ ।੩੪।

ਰਾਰਾ ਰਸੁ ਨਿਰਸ ਕਰਿ ਜਾਨਿਆ ॥ ਹੋਇ ਨਿਰਸ ਸੁ ਰਸੁ ਪਹਿਚਾਨਿਆ ॥ ਇਹ ਰਸ ਛਾਡੇ ਉਹ ਰਸੁ ਆਵਾ ॥ ਉਹ ਰਸੁ ਪੀਆ ਇਹ ਰਸੁ ਨਹੀ ਭਾਵਾ ॥੩੫॥ {ਪੰਨਾ 342}

ਪਦਅਰਥ:- ਰਸੁ—ਸੁਆਦ, ਮਾਇਆ ਦਾ ਸੁਆਦ । ਨਿਰਸ—{ਨਿ-ਰਸ} ਫਿੱਕਾ । ਨਿਰਸ ਕਰਿ—ਫਿੱਕਾ ਕਰਕੇ, ਫਿੱਕਾ ਜਿਹਾ । ਜਾਨਿਆ—ਜਾਣ ਲਿਆ ਹੈ, ਸਮਝ ਲਿਆ ਹੈ । ਹੋਇ ਨਿਰਸ—ਨਿਰਸ ਹੋ ਕੇ, ਰਸਾਂ ਤੋਂ ਨਿਰਾਲਾ ਹੋ ਕੇ, ਰਸਾਂ ਤੋਂ ਉਪਰਾਮ ਹੋ ਕੇ, ਮਾਇਕ ਚਸਕਿਆਂ ਤੋਂ ਬਚੇ ਰਹਿ ਕੇ । ਸੁ ਰਸੁ—ਉਹ ਸੁਆਦ, ਉਹ ਆਤਮਕ ਅਨੰਦ । ਆਵਾ—ਆਗਿਆ । ਭਾਵਾ—ਚੰਗਾ ਲੱਗਾ । ਪਹਿਚਾਨਿਆ—ਪਛਾਣ ਲਿਆ ਹੈ, ਸਾਂਝ ਪਾ ਲਈ ਹੈ, ਮਾਣ ਲਿਆ ਹੈ ।੩੫।

ਅਰਥ:- ਜਿਸ ਮਨੁੱਖ ਨੇ ਮਾਇਆ ਦੇ ਸੁਆਦ ਨੂੰ ਫਿੱਕਾ ਜਿਹਾ ਸਮਝ ਲਿਆ ਹੈ, ਉਸ ਨੇ ਮਾਇਕ ਚਸਕਿਆਂ ਤੋਂ ਬਚੇ ਰਹਿ ਕੇ ਉਹ ਆਤਮਕ ਆਨੰਦ ਮਾਣ ਲਿਆ ਹੈ । ਜਿਸ ਨੇ ਇਹ (ਦੁਨੀਆ ਵਾਲੇ) ਚਸਕੇ ਛੱਡ ਦਿੱਤੇ ਹਨ, ਉਸ ਨੂੰ ਉਹ (ਪ੍ਰਭੂ ਦੇ ਨਾਮ ਦਾ) ਅਨੰਦ ਪ੍ਰਾਪਤ ਹੋ ਗਿਆ ਹੈ; (ਕਿਉਂਕਿ) ਜਿਸ ਨੇ ਉਹ (ਨਾਮ-) ਰਸ ਪੀਤਾ ਹੈ ਉਸ ਨੂੰ ਇਹ (ਮਾਇਆ ਵਾਲਾ) ਸੁਆਦ ਚੰਗਾ ਨਹੀਂ ਲੱਗਦਾ ।੩੫।

ਲਲਾ ਐਸੇ ਲਿਵ ਮਨੁ ਲਾਵੈ ॥ ਅਨਤ ਨ ਜਾਇ ਪਰਮ ਸਚੁ ਪਾਵੈ ॥ ਅਰੁ ਜਉ ਤਹਾ ਪ੍ਰੇਮ ਲਿਵ ਲਾਵੈ ॥ ਤਉ ਅਲਹ ਲਹੈ ਲਹਿ ਚਰਨ ਸਮਾਵੈ ॥੩੬॥ {ਪੰਨਾ 342}

ਪਦਅਰਥ:- ਐਸੇ—ਅਜਿਹੇ ਤਰੀਕੇ ਨਾਲ । ਲਿਵ ਲਾਵੈ—ਸੁਰਤ ਜੋੜੇ, ਬਿਰਤੀ ਜੋੜੇ । ਅਨਤ—{ANX>} ਕਿਸੇ ਹੋਰ ਥਾਂ । ਨ ਜਾਇ—ਨਾਹ ਜਾਵੇ, ਨਾਹ ਭਟਕੇ । ਪਰਮ—ਸਭ ਤੋਂ ਉੱਚਾ । ਸਚੁ—ਸਦਾ ਕਾਇਮ ਰਹਿਣ ਵਾਲਾ ਪ੍ਰਭੂ । ਪਾਵੈ—ਪ੍ਰਾਪਤ ਕਰ ਲੈਂਦਾ ਹੈ, ਲੱਭ ਲੈਂਦਾ ਹੈ । ਅਰੁ—ਅਤੇ । ਜਉ—ਜੇ । ਤਹਾ—ਉਸ ਲਿਵਲੀਨਤਾ ਵਿਚ । ਪ੍ਰੇਮ ਲਿਵ—ਪ੍ਰੇਮ ਦੀ ਤਾਰ । ਤਉ—ਤਾਂ । ਅਲਹ—ਅਲੱਭ ਪ੍ਰਭੂ । ਲਹੈ—ਲੱਭ ਲੈਂਦਾ ਹੈ । ਲਹਿ—ਲੱਭ ਕੇ । ਸਮਾਵੈ—ਸਦਾ ਲਈ ਟਿਕਿਆ ਰਹਿੰਦਾ ਹੈ ।੩੬।

ਅਰਥ:- ਜੇ (ਕਿਸੇ ਮਨੁੱਖ ਦਾ) ਮਨ ਅਜਿਹੀ ਇਕਾਗ੍ਰਤਾ ਨਾਲ (ਪ੍ਰਭੂ ਦੀ ਯਾਦ ਵਿਚ) ਬਿਰਤੀ ਜੋੜ ਲਏ ਕਿ ਕਿਸੇ ਹੋਰ ਪਾਸੇ ਵਲ ਨਾਹ ਭਟਕੇ ਤਾਂ ਉਸ ਨੂੰ ਸਭ ਤੋਂ ਉੱਚਾ ਤੇ ਸਦਾ-ਥਿਰ ਰਹਿਣ ਵਾਲਾ ਪ੍ਰਭੂ ਮਿਲ ਪੈਂਦਾ ਹੈ; ਅਤੇ ਜੇ ਉਸ ਲਿਵ ਦੀ ਹਾਲਤ ਵਿਚ ਪ੍ਰੇਮ ਦੀ ਤਾਰ ਲਾ ਦੇਵੇ (ਭਾਵ, ਇਕ-ਤਾਰ ਮਗਨ ਰਹੇ) ਤਾਂ ਉਸ ਅਲੱਗ ਪ੍ਰਭੂ ਨੂੰ ਉਹ ਲੱਭ ਲੈਂਦਾ ਹੈ ਤੇ ਲੱਭ ਕੇ ਸਦਾ ਲਈ ਉਸ ਦੇ ਚਰਨਾਂ ਵਿਚ ਟਿਕਿਆ ਰਹਿੰਦਾ ਹੈ ।੩੬।

ਵਵਾ ਬਾਰ ਬਾਰ ਬਿਸਨ ਸਮ੍ਹਾਰਿ ॥ ਬਿਸਨ ਸੰਮ੍ਹਾਰਿ ਨ ਆਵੈ ਹਾਰਿ ॥ ਬਲਿ ਬਲਿ ਜੇ ਬਿਸਨਤਨਾ ਜਸੁ ਗਾਵੈ ॥ ਵਿਸਨ ਮਿਲੇ ਸਭ ਹੀ ਸਚੁ ਪਾਵੈ ॥੩੭॥ {ਪੰਨਾ 342}

ਪਦਅਰਥ:- ਬਾਰ ਬਾਰ—ਮੁੜ ਮੁੜ, ਹਰ ਵੇਲੇ । ਸਮ੍ਹਾਰਿ—ਚੇਤੇ ਕਰ, ਸੰਭਾਲ, ਯਾਦ ਕਰ । ਸੰਮ੍ਹਾਰਿ—ਸੰਭਾਲ ਕੇ, ਯਾਦ ਕਰ ਕੇ, ਸਿਮਰਿਆਂ । ਹਾਰਿ—ਹਾਰ ਕੇ, ਮਨੁੱਖਾ ਜਨਮ ਦੀ ਬਾਜ਼ੀ ਹਾਰ ਕੇ । ਬਲਿ ਬਲਿ—ਸਦਕੇ । ਬਿਸਨ ਤਨਾ—ਵਿਸ਼ਨੂ ਦਾ ਪੁਤਰ, ਪ੍ਰਭੂ ਦਾ ਭਗਤ । ਮਿਲੇ—ਮਿਲਿ, ਮਿਲ ਕੇ । ਸਭ ਹੀ—ਹਰ ਥਾਂ । ਸਚੁ—ਸਦਾ-ਥਿਰ ਰਹਿਣ ਵਾਲਾ ਪ੍ਰਭੂ ।੩੭।

ਨੋਟ—ਅੰਞਾਣਾ ਬਾਲ ਆਪਣੇ ਪਿਤਾ ਦੀ ਗੋਦ ਵਿਚ, ਪਿਤਾ ਦੀ ਉਂਗਲੀ ਫੜ ਕੇ ਬੇਫ਼ਿਕਰ ਰਹਿੰਦਾ ਹੈ ਤੇ ਪਿਤਾ ਨੂੰ ਹੀ ਰਾਖਾ ਸਮਝਦਾ ਹੈ । ਇਸੇ ਤਰ੍ਹਾਂ ਪ੍ਰਭੂ ਦੀ ਬੰਦਗੀ ਕਰਨ ਵਾਲੇ ਬੰਦੇ ਪ੍ਰਭੂ ਨੂੰ ਆਪਣਾ ਰਾਖਾ ਜਾਣਦੇ ਹਨ, ਤਾਹੀਏਂ ਇਥੇ ਭਗਤ ਜਨਾਂ ਨੂੰ ਪ੍ਰਭੂ ਦੇ ਪੁੱਤਰ ਆਖਿਆ ਹੈ ।

ਅਰਥ:- (ਹੇ ਭਾਈ!) ਸਦਾ ਪ੍ਰਭੂ ਨੂੰ (ਆਪਣੇ ਹਿਰਦੇ ਵਿਚ) ਯਾਦ ਰੱਖ ਕੇ (ਜੀਵ ਮਨੁੱਖਾ ਜਨਮ ਦੀ ਬਾਜ਼ੀ) ਹਾਰ ਕੇ ਨਹੀਂ ਆਉਂਦਾ । ਮੈਂ ਉਸ ਭਗਤ ਜਨ ਤੋਂ ਸਦਕੇ ਹਾਂ ਜੋ ਪ੍ਰਭੂ ਦੇ ਗੁਣ ਗਾਂਦਾ ਹੈ । ਪ੍ਰਭੂ ਨੂੰ ਮਿਲ ਕੇ ਉਹ ਹਰ ਥਾਂ ਸਦਾ-ਥਿਰ ਰਹਿਣ ਵਾਲੇ ਪ੍ਰਭੂ ਨੂੰ ਹੀ ਵੇਖਦਾ ਹੈ ।੩੭।

ਵਾਵਾ ਵਾਹੀ ਜਾਨੀਐ ਵਾ ਜਾਨੇ ਇਹੁ ਹੋਇ ॥ ਇਹੁ ਅਰੁ ਓਹੁ ਜਬ ਮਿਲੈ ਤਬ ਮਿਲਤ ਨ ਜਾਨੈ ਕੋਇ ॥੩੮॥ {ਪੰਨਾ 342}

ਪਦਅਰਥ:- ਵਾ ਹੀ—ਉਸ (ਪ੍ਰਭੂ) ਨੂੰ ਹੀ । ਜਾਨੀਐ—ਸਮਝੀਏ, ਜਾਣ-ਪਛਾਣ ਪਾਈਏ, ਸਾਂਝ ਪਾਣੀ ਚਾਹੀਦੀ ਹੈ । ਵਾ—ਉਸ (ਪ੍ਰਭੂ) ਨੂੰ । ਜਾਨੇ—ਜਾਣਿਆਂ, ਸਾਂਝ ਪਾਇਆਂ । ਇਹੁ—ਇਹ ਜੀਵ । ਓਹੁ—ਉਹ ਪ੍ਰਭੂ । ਅਰੁ—ਅਤੇ ।

ਅਰਥ:- (ਹੇ ਭਾਈ!) ਉਸ ਪ੍ਰਭੂ ਨਾਲ ਹੀ ਜਾਣ-ਪਛਾਣ ਕਰਨੀ ਚਾਹੀਦੀ ਹੈ । ਉਸ ਪ੍ਰਭੂ ਨਾਲ ਸਾਂਝ ਪਾਇਆਂ ਇਹ ਜੀਵ (ਉਸ ਪ੍ਰਭੂ ਦਾ ਰੂਪ ਹੀ) ਹੋ ਜਾਂਦਾ ਹੈ । ਜਦੋਂ ਇਹ ਜੀਵ ਤੇ ਉਹ ਪ੍ਰਭੂ ਇਕ-ਰੂਪ ਹੋ ਜਾਂਦੇ ਹਨ, ਤਾਂ ਇਹਨਾਂ ਮਿਲਿਆਂ ਨੂੰ ਕੋਈ ਹੋਰ ਨਹੀਂ ਸਮਝ ਸਕਦਾ (ਭਾਵ, ਫਿਰ ਕੋਈ ਹੋਰ ਇਹਨਾਂ ਮਿਲਿਆਂ ਵਿਚ ਵਿੱਥ ਨਹੀਂ ਲੱਭ ਸਕਦਾ) ।੩੮।

ਸਸਾ ਸੋ ਨੀਕਾ ਕਰਿ ਸੋਧਹੁ ॥ ਘਟ ਪਰਚਾ ਕੀ ਬਾਤ ਨਿਰੋਧਹੁ ॥ ਘਟ ਪਰਚੈ ਜਉ ਉਪਜੈ ਭਾਉ ॥ ਪੂਰਿ ਰਹਿਆ ਤਹ ਤ੍ਰਿਭਵਣ ਰਾਉ ॥੩੯॥ {ਪੰਨਾ 342}

ਪਦਅਰਥ:- ਸੋ—ਉਸ ਪ੍ਰਭੂ ਨੂੰ । ਨੀਕਾ ਕਰਿ—ਚੰਗੀ ਤਰ੍ਹਾਂ । ਸੋਧਹੁ—ਸੰਭਾਲ ਕਰੋ, ਯਾਦ ਕਰੋ । ਪਰਚਾ—(skt. pircX) ਮਿੱਤ੍ਰਤਾ, ਸਾਂਝ । ਬਾਤ—ਗੱਲਾਂ । ਨਿਰੋਧਹੁ—ਰੋਕੋ, ਟਿਕਾਓ । ਘਟ—ਹਿਰਦਾ, ਮਨ । ਜਉ—ਜਦੋਂ । ਭਾਉ—ਪਿਆਰ । ਤਹ—ਉਸ ਅਵਸਥਾ ਵਿਚ । ਤ੍ਰਿਭਵਣ ਰਾਉ—ਤਿੰਨਾਂ ਭਵਨਾਂ ਦਾ ਮਾਲਕ

ਪਰਮਾਤਮਾ ।੩੯।

ਅਰਥ:- ਚੰਗੀ ਤਰ੍ਹਾਂ ਉਸ ਪਰਮਾਤਮਾ ਦੀ ਸੰਭਾਲ ਕਰੋ । ਆਪਣੇ ਮਨ ਨੂੰ ਉਹਨਾਂ ਬਚਨਾਂ ਵਿਚ ਲਿਆ ਕੇ ਜੋੜੋ, ਜਿਨ੍ਹਾਂ ਕਰਕੇ ਇਹ ਮਨ ਪਰਮਾਤਮਾ ਵਿਚ ਪਰਚ ਜਾਏ । ਪ੍ਰਭੂ ਵਿਚ ਮਨ ਪਰਚਿਆਂ ਜਦੋਂ (ਅੰਦਰ) ਪ੍ਰੇਮ ਪੈਦਾ ਹੁੰਦਾ ਹੈ ਤਾਂ ਉਸ ਅਵਸਥਾ ਵਿਚ ਤਿੰਨਾਂ ਭਵਨਾਂ ਦਾ ਮਾਲਕ-ਪਰਮਾਤਮਾ ਹੀ (ਹਰ ਥਾਂ) ਵਿਆਪਕ ਦਿੱਸਦਾ ਹੈ ।੩੯।

ਖਖਾ ਖੋਜਿ ਪਰੈ ਜਉ ਕੋਈ ॥ ਜੋ ਖੋਜੈ ਸੋ ਬਹੁਰਿ ਨ ਹੋਈ ॥ ਖੋਜ ਬੂਝਿ ਜਉ ਕਰੈ ਬੀਚਾਰਾ ॥ ਤਉ ਭਵਜਲ ਤਰਤ ਨ ਲਾਵੈ ਬਾਰਾ ॥੪੦॥ {ਪੰਨਾ 342}

ਪਦਅਰਥ:- ਖੋਜਿ ਪਰੈ—ਭਾਲ ਵਿਚ ਰੁੱਝ ਜਾਏ । ਜਉ—ਜੇ । ਖੋਜੈ—ਲੱਭ ਲਏ । ਸੋ—ਉਹ ਮਨੁੱਖ । ਬਹੁਰਿ—ਮੁੜ । ਨ ਹੋਈ—ਨਹੀਂ ਜੰਮਦਾ (ਮਰਦਾ) । ਖੋਜ—ਲੱਛਣ, ਨਿਸ਼ਾਨ । ਬੂਝਿ—ਸਮਝ ਕੇ । ਜਉ—ਜੇ (ਕੋਈ) । ਬੀਚਾਰ—ਪ੍ਰਭੂ ਦੇ ਗੁਣਾਂ ਦੀ ਬੀਚਾਰ । ਭਵਜਲ—ਸੰਸਾਰ-ਸਮੁੰਦਰ । ਬਾਰ—ਦੇਰ ।੪੦।

ਅਰਥ:- ਜੇ ਕੋਈ ਮਨੁੱਖ ਪਰਮਾਤਮਾ ਦੀ ਭਾਲ ਵਿਚ ਰੁੱਝ ਜਾਏ, (ਇਸ ਤਰ੍ਹਾਂ) ਜੋ ਭੀ ਮਨੁੱਖ ਪ੍ਰਭੂ ਨੂੰ ਲੱਭ ਲੈਂਦਾ ਹੈ ਉਹ ਮੁੜ ਜੰਮਦਾ ਮਰਦਾ ਨਹੀਂ । ਜੋ ਕੋਈ ਜੀਵ ਪ੍ਰਭੂ ਦੇ ਗੁਣਾਂ ਨੂੰ ਸਮਝ ਕੇ ਉਹਨਾਂ ਨੂੰ ਮੁੜ ਮੁੜ ਚੇਤੇ ਕਰਦਾ ਹੈ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘਦਿਆਂ ਚਿਰ ਨਹੀਂ ਲਾਂਦਾ ।੪੦।

ਸਸਾ ਸੋ ਸਹ ਸੇਜ ਸਵਾਰੈ ॥ ਸੋਈ ਸਹੀ ਸੰਦੇਹ ਨਿਵਾਰੈ ॥ ਅਲਪ ਸੁਖ ਛਾਡਿ ਪਰਮ ਸੁਖ ਪਾਵਾ ॥ ਤਬ ਇਹ ਤ੍ਰੀਅ ਉਹੁ ਕੰਤੁ ਕਹਾਵਾ ॥੪੧॥ {ਪੰਨਾ 342}

ਪਦਅਰਥ:- ਸਹ ਸੇਜ—ਖਸਮ ਦੀ ਸੇਜ, (ਜੀਵ-ਇਸਤ੍ਰੀ ਦਾ ਹਿਰਦਾ ਜੋ ਪ੍ਰਭੂ-) ਖਸਮ ਦੀ ਸੇਜ (ਹੈ) । ਸੋ—ਉਹ (ਸਖੀ) । ਸੋਈ ਸਹੀ—ਉਹੀ ਸਖੀ । ਸੰਦੇਹ—ਸ਼ੱਕ, ਸੰਸਾ, ਭਰਮ । ਨਿਵਾਰੈ—ਦੂਰ ਕਰਦੀ ਹੈ । ਅਲਪ—ਨਿੱਕਾ, ਹੋਛਾ । ਪਾਵਾ—ਪ੍ਰਾਪਤ ਕਰਦੀ ਹੈ । ਤ੍ਰੀਅ—ਇਸਤ੍ਰੀ । ਕੰਤੁ—ਖਸਮ ।੪੧।

ਅਰਥ:- ਜਿਹੜੀ (ਜੀਵ-ਇਸਤ੍ਰੀ ਦੁਨੀਆ ਵਾਲੇ) ਹੋਛੇ ਸੁਖ ਛੱਡ ਕੇ (ਪ੍ਰਭੂ ਦੇ ਪਿਆਰ ਦਾ) ਸਭ ਤੋਂ ਉੱਚਾ ਸੁਖ ਹਾਸਲ ਕਰਦੀ ਹੈ, ਉਹ (ਆਪਣੀ ਹਿਰਦਾ-ਰੂਪ) ਖਸਮ-ਪ੍ਰਭੂ ਦੀ ਸੇਜ ਸਵਾਰਦੀ ਹੈ । ਉਹੀ (ਜੀਵ-) ਸਖੀ (ਆਪਣੇ ਮਨ ਦੇ) ਸੰਸੇ ਦੂਰ ਕਰਦੀ ਹੈ । (ਇਸ ਅਵਸਥਾ ਦੇ ਬਣਿਆਂ ਹੀ ਅਸਲੀ ਭਾਵ ਵਿਚ) ਤਦੋਂ ਇਹ (ਜੀਵ ਪ੍ਰਭੂ ਦੀ) ਇਸਤ੍ਰੀ, ਤੇ ਉਹ (ਪ੍ਰਭੂ ਜੀਵ-ਇਸਤ੍ਰੀ ਦਾ) ਖਸਮ ਅਖਵਾਉਂਦਾ ਹੈ ।੪੧।

ਹਾਹਾ ਹੋਤ ਹੋਇ ਨਹੀ ਜਾਨਾ ॥ ਜਬ ਹੀ ਹੋਇ ਤਬਹਿ ਮਨੁ ਮਾਨਾ ॥ ਹੈ ਤਉ ਸਹੀ ਲਖੈ ਜਉ ਕੋਈ ॥ ਤਬ ਓਹੀ ਉਹੁ ਏਹੁ ਨ ਹੋਈ ॥੪੨॥ {ਪੰਨਾ 342}

ਪਦਅਰਥ:- ਹੋਇ—ਹੋ ਕੇ, ਜਨਮ ਲੈ ਕੇ, ਮਨੁੱਖਾ-ਜਨਮ ਹਾਸਲ ਕਰ ਕੇ । ਹੋਤ—ਹੁੰਦਾ ਹੋਇਆ (ਪ੍ਰਭੂ), ਹੋਂਦ ਵਾਲੇ ਪ੍ਰਭੂ ਨੂੰ, ਪ੍ਰਭੂ ਨੂੰ ਜੋ ਸੱਚ-ਮੁੱਚ ਹਸਤੀ ਵਾਲਾ ਹੈ । ਹੋਇ—(ਪ੍ਰਭੂ ਦੀ ਹੋਂਦ ਦਾ ਨਿਸ਼ਚਾ) ਹੋ ਜਾਏ । ਮਾਨਾ—ਮੰਨ ਜਾਂਦਾ ਹੈ, ਪਤੀਜ ਜਾਂਦਾ ਹੈ । ਸਹੀ—ਸੱਚ-ਮੁੱਚ, ਜ਼ਰੂਰ । ਹੈ ਤਉ ਸਹੀ—ਹੈ ਤਾਂ ਸੱਚ-ਮੁੱਚ । ਜਉ—ਜੇ । ਓਹੀ ਉਹੁ—ਉਹ ਪ੍ਰਭੂ ਹੀ ਪ੍ਰਭੂ । ਏਹੁ—ਇਹ ਜੀਵ ।੪੨।

ਅਰਥ:- ਜੀਵ ਨੇ ਮਨੁੱਖਾ-ਜਨਮ ਹਾਸਲ ਕਰ ਕੇ ਉਸ ਪ੍ਰਭੂ ਨੂੰ ਨਹੀਂ ਪਛਾਤਾ, ਜੋ ਸੱਚ-ਮੁੱਚ ਹਸਤੀ ਵਾਲਾ ਹੈ ।

ਜਦੋਂ ਜੀਵ ਨੂੰ ਪ੍ਰਭੂ ਦੀ ਹਸਤੀ ਦਾ ਨਿਸ਼ਚਾ ਹੋ ਜਾਂਦਾ ਹੈ, ਤਦੋਂ ਹੀ ਇਸ ਦਾ ਮਨ (ਪ੍ਰਭੂ ਵਿਚ) ਪਤੀਜ ਜਾਂਦਾ ਹੈ ।

(ਪਰਮਾਤਮਾ) ਹੈ ਤਾਂ ਜ਼ਰੂਰ (ਪਰ ਇਸ ਵਿਸ਼ਵਾਸ ਦਾ ਲਾਭ ਤਦੋਂ ਹੀ ਹੁੰਦਾ ਹੈ) ਜਦੋਂ ਕੋਈ ਜੀਵ (ਇਸ ਗੱਲ ਨੂੰ) ਸਮਝ ਲਏ । ਤਦੋਂ ਇਹ ਜੀਵ ਉਸ ਪ੍ਰਭੂ ਦਾ ਰੂਪ ਹੀ ਹੋ ਜਾਂਦਾ ਹੈ, ਇਹ (ਵੱਖਰੀ ਹਸਤੀ ਵਾਲਾ) ਨਹੀਂ ਰਹਿ ਜਾਂਦਾ ।੪੨।

ਲਿੰਉ ਲਿੰਉ ਕਰਤ ਫਿਰੈ ਸਭੁ ਲੋਗੁ ॥ ਤਾ ਕਾਰਣਿ ਬਿਆਪੈ ਬਹੁ ਸੋਗੁ ॥ ਲਖਿਮੀ ਬਰ ਸਿਉ ਜਉ ਲਿਉ ਲਾਵੈ ॥ ਸੋਗੁ ਮਿਟੈ ਸਭ ਹੀ ਸੁਖ ਪਾਵੈ ॥੪੩॥ {ਪੰਨਾ 342}

ਪਦਅਰਥ:- ਲਿੰਉ ਲਿੰਉ—ਮੈਂ (ਲੱਛਮੀ) ਹਾਸਲ ਕਰ ਲਵਾਂ, ਮੈਂ (ਮਾਇਆ) ਲੈ ਲਵਾਂ । ਕਰਤ ਫਿਰੈ—ਕਰਦਾ ਫਿਰਦਾ ਹੈ । ਸਭੁ ਲੋਗੁ—ਸਾਰਾ ਜਗਤ, ਹਰੇਕ ਜੀਵ । ਤਾ ਕਾਰਣਿ—ਉਸ ਮਾਇਆ ਦੀ ਖ਼ਾਤਰ । ਬਿਆਪੈ—ਵਾਪਰਦਾ ਹੈ, ਆਪਣਾ ਪ੍ਰਭਾਵ ਆ ਪਾਂਦਾ ਹੈ । ਸੋਗੁ—ਗ਼ਮ, ਫ਼ਿਕਰ । ਲਖਿਮੀਬਰ—ਲੱਛਮੀ ਦਾ ਵਰ, ਮਾਇਆ ਦਾ ਪਤੀ, ਪਰਮਾਤਮਾ । ਸਿਉ—ਨਾਲ । ਲਿਉ—ਲਿਵ, ਪ੍ਰੇਮ ।੪੩।

ਅਰਥ:- ਸਾਰਾ ਜਗਤ ਇਹੀ ਆਖਦਾ ਫਿਰਦਾ ਹੈ (ਭਾਵ, ਇਸੇ ਲਾਲਸਾ ਵਿਚ ਭਟਕਦਾ ਫਿਰਦਾ ਹੈ) ਕਿ ਮੈਂ (ਮਾਇਆ) ਸਾਂਭ ਲਵਾਂ, ਮੈਂ (ਮਾਇਆ) ਇਕੱਠੀ ਕਰ ਲਵਾਂ । ਇਸ ਮਾਇਆ ਦੀ ਖ਼ਾਤਰ ਹੀ (ਫਿਰ ਜੀਵ ਨੂੰ) ਬੜਾ ਫ਼ਿਕਰ ਆ ਵਾਪਰਦਾ ਹੈ ।

ਪਰ ਜਦੋਂ ਜੀਵ ਮਾਇਆ ਦੇ ਪਤੀ ਪਰਮਾਤਮਾ ਨਾਲ ਪ੍ਰੀਤ ਜੋੜਦਾ ਹੈ ਤਦੋਂ (ਇਸ ਦਾ) ਫ਼ਿਕਰ ਮੁੱਕ ਜਾਂਦਾ ਹੈ, ਤੇ ਇਹ ਸਾਰੇ ਸੁਖ ਹਾਸਲ ਕਰ ਲੈਂਦਾ ਹੈ ।੪੩।

ਖਖਾ ਖਿਰਤ ਖਪਤ ਗਏ ਕੇਤੇ ॥ ਖਿਰਤ ਖਪਤ ਅਜਹੂੰ ਨਹ ਚੇਤੇ ॥ ਅਬ ਜਗੁ ਜਾਨਿ ਜਉ ਮਨਾ ਰਹੈ ॥ ਜਹ ਕਾ ਬਿਛੁਰਾ ਤਹ ਥਿਰੁ ਲਹੈ ॥੪੪॥ {ਪੰਨਾ 342}

ਪਦਅਰਥ:- ਖਿਰਤ—{Skt. ˜r—To glide, to waste away perish.} ਨਾਸ ਹੁੰਦੇ ਹੁੰਦੇ । ਕੇਤੇ—ਕਈ, ਬੇਅੰਤ (ਜਨਮ) । ਅਜਹੂੰ—ਅਜੇ ਤਕ । ਚੇਤੇ—(ਪਰਮਾਤਮਾ ਨੂੰ) ਯਾਦ ਕਰਦਾ । ਜਗੁ ਜਾਨਿ—ਜਗਤ ਦੀ ਅਸਲੀਅਤ ਨੂੰ ਸਮਝ ਕੇ । ਜਉ—ਜੇ । ਮਨਾ—ਮਨ । ਰਹੈ—ਟਿਕ ਜਾਏ । ਜਹ ਕਾ—ਜਿਸ (ਪ੍ਰਭੂ) ਤੋਂ । ਤਹ—ਉਸੇ ਪ੍ਰਭੂ ਵਿਚ ।੪੪।

ਅਰਥ:- ਮਰਦਿਆਂ ਖਪਦਿਆਂ ਜੀਵ ਦੇ ਕਈ ਜਨਮ ਲੰਘ ਗਏ ਹਨ; ਪਰ, ਗੇੜ ਵਿਚ ਪਿਆ ਅਜੇ ਤਕ ਇਹ (ਪ੍ਰਭੂ ਨੂੰ) ਯਾਦ ਨਹੀਂ ਕਰਦਾ ।

ਹੁਣ (ਐਸ ਜਨਮ ਵਿਚ ਹੀ) ਜੇ ਜਗਤ ਦੀ ਅਸਲੀਅਤ ਨੂੰ ਸਮਝ ਕੇ (ਇਸ ਦਾ) ਮਨ (ਪ੍ਰਭੂ ਵਿਚ) ਟਿਕ ਜਾਏ ਤਾਂ ਜਿਸ ਪ੍ਰਭੂ ਤੋਂ ਇਹ ਵਿਛੜਿਆ ਹੋਇਆ ਹੈ, ਉਸ ਵਿਚ ਇਸ ਨੂੰ ਟਿਕਾਣਾ ਮਿਲ ਸਕਦਾ ਹੈ ।੪੪।

ਬਾਵਨ ਅਖਰ ਜੋਰੇ ਆਨਿ ॥ ਸਕਿਆ ਨ ਅਖਰੁ ਏਕੁ ਪਛਾਨਿ ॥ ਸਤ ਕਾ ਸਬਦੁ ਕਬੀਰਾ ਕਹੈ ॥ ਪੰਡਿਤ ਹੋਇ ਸੁ ਅਨਭੈ ਰਹੈ ॥ ਪੰਡਿਤ ਲੋਗਹ ਕਉ ਬਿਉਹਾਰ ॥ ਗਿਆਨਵੰਤ ਕਉ ਤਤੁ ਬੀਚਾਰ ॥ ਜਾ ਕੈ ਜੀਅ ਜੈਸੀ ਬੁਧਿ ਹੋਈ ॥ ਕਹਿ ਕਬੀਰ ਜਾਨੈਗਾ ਸੋਈ ॥੪੫॥ {ਪੰਨਾ 343}

ਪਦਅਰਥ:- ਬਾਵਨ—ਬਵੰਜਾ । ਜੋਰੇ ਆਨਿ—ਲਿਆ ਕੇ ਜੋੜ ਦਿੱਤੇ, (ਅੱਖਰ) ਵਰਤ ਕੇ ਪੁਸਤਕਾਂ ਲਿਖ ਦਿੱਤੀਆਂ । ਅਖਰੁ ਏਕੁ—ਇੱਕ ਪ੍ਰਭੂ ਨੂੰ ਜੋ ਨਾਸ-ਰਹਿਤ ਹੈ । ਅਖਰੁ—{Skt. A-˜r} ਨਾਸ-ਰਹਿਤ । ਸਤ ਕਾ ਸਬਦੁ—ਪ੍ਰਭੂ ਦੀ ਸਿਫ਼ਤਿ-ਸਾਲਾਹ । ਕਬੀਰਾ—ਹੇ ਕਬੀਰ! ਕਹੈ—(ਜੋ ਮਨੁੱਖ) ਆਖਦਾ ਹੈ । ਸੁ—ਉਹ ਮਨੁੱਖ । ਅਨਭੈ—ਅਨੁਭਵ ਵਿਚ, ਗਿਆਨ-ਅਵਸਥਾ ਵਿਚ । ਰਹੈ—ਟਿਕਿਆ ਰਹਿੰਦਾ ਹੈ । ਕਉ—ਨੂੰ, ਦਾ । ਬਿਉਹਾਰ—ਵਿਹਾਰ, ਰੋਜ਼ੀ ਕਮਾਵਣ ਦਾ ਢੰਗ । ਤਤੁ—ਅਸਲੀਅਤ । ਜਾ ਕੇ ਜੀਅ—ਜਿਸ ਮਨੁੱਖ ਦੇ ਜੀ ਵਿਚ, ਜਿਸ ਦੇ ਅੰਦਰ । ਜੈਸੀ ਬੁਧਿ—ਜਿਹੋ ਜਿਹੀ ਅਕਲ । ਸੋਈ—ਉਹੀ ਕੁਝ । ਕਹਿ—ਕਹੈ, ਆਖਦਾ ਹੈ ।

ਅਰਥ:- (ਜਗਤ ਨੇ) ਬਵੰਜਾ ਅੱਖਰ ਵਰਤ ਕੇ ਪੁਸਤਕਾਂ ਤਾਂ ਲਿਖ ਦਿੱਤੀਆਂ ਹਨ, ਪਰ (ਇਹ ਜਗਤ ਇਹਨਾਂ ਪੁਸਤਕਾਂ ਦੀ ਰਾਹੀਂ) ਉਸ ਇੱਕ ਪ੍ਰਭੂ ਨੂੰ ਨਹੀਂ ਪਛਾਣ ਸਕਿਆ, ਜੋ ਨਾਸ-ਰਹਿਤ ਹੈ ।

ਹੇ ਕਬੀਰ! ਜੋ ਮਨੁੱਖ (ਇਹਨਾਂ ਅੱਖਰਾਂ ਦੀ ਰਾਹੀਂ) ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹੈ, ਉਹੀ ਹੈ ਪੰਡਿਤ, ਤੇ, ਉਹ ਗਿਆਨ-ਅਵਸਥਾ ਵਿਚ ਟਿਕਿਆ ਰਹਿੰਦਾ ਹੈ ।

ਪਰ ਪੰਡਿਤ ਲੋਕਾਂ ਨੂੰ ਤਾਂ ਇਹ ਵਿਹਾਰ ਲੱਭਾ ਹੋਇਆ ਹੈ (ਕਿ ਅੱਖਰ ਜੋੜ ਕੇ ਹੋਰਨਾਂ ਨੂੰ ਸੁਣਾ ਦੇਂਦੇ ਹਨ), ਗਿਆਨ-ਵਾਨ ਲੋਕਾਂ ਲਈ (ਇਹ ਅੱਖਰ) ਤੱਤ ਦੇ ਵਿਚਾਰਨ ਦਾ ਵਸੀਲਾ ਹਨ ।

ਕਬੀਰ ਆਖਦਾ ਹੈ—ਜਿਸ ਜੀਵ ਦੇ ਅੰਦਰ ਜਿਹੋ ਜਿਹੀ ਅਕਲ ਹੁੰਦੀ ਹੈ, ਉਹ (ਇਹਨਾਂ ਅੱਖਰਾਂ ਦੀ ਰਾਹੀਂ ਭੀ) ਉਹੀ ਕੁਝ ਸਮਝੇਗਾ (ਭਾਵ, ਪੁਸਤਕਾਂ ਲਿਖ ਪੜ੍ਹ ਕੇ ਆਤਮਕ ਜੀਵਨ ਦਾ ਜਾਣਨ ਵਾਲਾ ਹੋ ਜਾਣਾ ਜ਼ਰੂਰੀ ਨਹੀਂ ਹੈ) ।੪੫।

ੴ ਸਤਿਗੁਰ ਪ੍ਰਸਾਦਿ ॥ ਰਾਗੁ ਗਉੜੀ ਥਿਤੰੀ ਕਬੀਰ ਜੀ ਕੰੀ ॥

ਨੋਟ:- ਲਫ਼ਜ਼ 'ਥਿਤੰੀ' ਅਤੇ 'ਕੰੀ' ਵਿਚ (ੰ) ਦੀ ਵਰਤੋਂ ਨੂੰ ਧਿਆਨ ਨਾਲ ਵੇਖੋ । ਸਤਿਗੁਰੂ ਜੀ ਦੇ ਵੇਲੇ (ੀ) ਨਾਲ (ੰ) ਵਰਤੀ ਜਾਂਦੀ ਸੀ; (ੀ) ਤੋਂ ਪਹਿਲਾਂ ਭੀ ਵਰਤੀਦੀ ਸੀ ਅਤੇ ਪਿਛੋਂ ਭੀ ।

ਨੋਟ:- ਸਾਡੇ ਦੇਸ ਵਿਚ ਸੂਰਜ ਅਤੇ ਚੰਦ ਦੋਹਾਂ ਦੇ ਅਨੁਸਾਰ ਸਾਲ ਦੇ ਮਹੀਨਿਆਂ ਤੇ ਦਿਨਾਂ ਦੀ ਗਿਣਤੀ ਕੀਤੀ ਜਾਂਦੀ ਹੈ । ਸੂਰਜ ੧੨ 'ਰਾਸਾਂ' ਵਿਚੋਂ ਦੀ ਲੰਘਦਾ ਹੈ । ਜਦੋਂ ਨਵੀਂ 'ਰਾਸ' ਵਿਚ ਅੱਪੜਦਾ ਹੈ, ਨਵਾਂ ਮਹੀਨਾ ਚੜ੍ਹਦਾ ਹੈ । ਚੰਦ ਦੇ ਵਧਣ ਘਟਣ ਦੇ ਹਿਸਾਬ ਅਨੁਸਾਰ ਦਿਨਾਂ ਨੂੰ 'ਥਿੱਤ' ਆਖਿਆ ਜਾਂਦਾ ਹੈ, ਸੰਸਕ੍ਰਿਤ ਲਫ਼ਜ਼ 'ਤਿਥਿ' ਹੈ । ਚੰਦ ਦੇ ਹਿਸਾਬ ਹਰੇਕ ਮਹੀਨੇ ਦੇ ਦੋ ਹਿੱਸੇ, ਦੋ ਪੱਖ, ਹੁੰਦੇ ਹਨ: ਹਨੇਰਾ ਪੱਖ ਅਤੇ ਚਾਨਣਾ ਪੱਖ । ਮੱਸਿਆ (ਜਿਸ ਰਾਤ ਮੁਕੰਮਲ ਹਨੇਰਾ ਹੁੰਦਾ ਹੈ ਤੇ ਚੰਦ ਬਿਲਕੁਲ ਨਹੀਂ ਦਿੱਸਦਾ) ਤੋਂ ਅਗਾਂਹ ਚਾਨਣਾ ਪੱਖ ਸ਼ੁਰੂ ਹੁੰਦਾ ਹੈ, ਕਿਉਂਕਿ ਚੰਦ੍ਰਮਾ ਹਰ ਰੋਜ਼ ਵਧਦਾ ਜਾਂਦਾ ਹੈ । ਪੂਰਨਮਾਸ਼ੀ ਤੱਕ ਚਾਨਣਾ ਪੱਖ ਹੁੰਦਾ ਹੈ । ਪੂਰਨਮਾਸ਼ੀ ਦੀ ਰਾਤ ਨੂੰ ਚੰਦ੍ਰਮਾ ਮੁਕੰਮਲ ਹੁੰਦਾ ਹੈ । ਇਸ ਤੋਂ ਪਿਛੋਂ ਚੰਦ ਘਟਣ ਲੱਗ ਪੈਂਦਾ ਹੈ, ਇਸ ਨੂੰ ਹਨੇਰਾ ਪੱਖ ਆਖੀਦਾ ਹੈ । ਘਟਦਾ ਘਟਦਾ ਚੰਦ ਮੱਸਿਆ ਨੂੰ ਬਿਲਕੁਲ ਲੁਕ ਜਾਂਦਾ ਹੈ । ਮੱਸਿਆ ਤੋਂ ਅਗਾਂਹ ਹੇਠ-ਲਿਖੇ ਅਨੁਸਾਰ ਦਿਨਾਂ (ਥਿੱਤਾਂ) ਦੇ ਨਾਮ ਆਉਂਦੇ ਹਨ:

ਏਕਮ, ਦੂਜ, ਤੀਜ, ਚੌਥ, ਪੰਚਮੀ, ਛਟ, ਸਤਮੀ, ਅਸ਼ਟਮੀ, ਨੌਮੀ, ਦਸਮੀ, ਇਕਾਦਸ਼ੀ, ਦੁਆਦਸੀ, ਤ੍ਰਿਔਦਸੀ, ਚੌਦਸ, ਪੂਰਨਮਾਸ਼ੀ ।

ਇਸੇ ਤਰ੍ਹਾਂ ਪੂਰਨਮਾਸ਼ੀ ਤੋਂ ਅਗਾਂਹ ਫਿਰ ਏਕਮ ਤੋਂ ਲੈ ਕੇ ਮੱਸਿਆ ਤਕ ਇਹੀ "ਥਿੱਤਾਂ" ਹਨ ।

ਹਨੇਰੇ ਪੱਖ ਦੀਆਂ ਥਿੱਤਾਂ ਨੂੰ 'ਵਦੀ' ਅਤੇ ਚਾਨਣੇ ਪੱਖ ਦੀਆਂ ਥਿੱਤਾਂ ਨੂੰ 'ਸੁਦੀ' ਆਖਦੇ ਹਨ; ਜਿਵੇਂ, 'ਜੇਠ ਸੁਦੀ ਚੌਥ' ਦਾ ਭਾਵ ਹੈ 'ਜੇਠ ਦੇ ਮਹੀਨੇ ਦੀ ਮੱਸਿਆ ਤੋਂ ਅਗਾਂਹ ਚੌਥਾ ਦਿਨ' । ਵਦੀ ਸੁਦੀ ਵਾਲੇ ਮਹੀਨੇ 'ਵਦੀ' ਪੱਖ ਤੋਂ ਸ਼ੁਰੂ ਹੁੰਦੇ ਹਨ, ਪੂਰਨਮਾਸ਼ੀ ਤੋਂ ਅਗਲੇ ਦਿਨ ।

ਹਿੰਦੂ ਲੋਕ ਇਹਨਾਂ ਥਿੱਤਾਂ ਤੇ ਵਰਤ ਰੱਖਦੇ ਹਨ, ਅਤੇ ਸ਼ਾਸਤ੍ਰਾਂ ਦੇ ਦੱਸੇ ਕਰਮ-ਕਾਂਡ ਅਨੁਸਾਰ ਹੋਰ ਕਈ ਕਿਸਮ ਦੇ ਕਰਮ ਧਰਮ ਕਰਦੇ ਹਨ, ਜਿਵੇਂ ਏਕਾਦਸ਼ੀ ਆਦਿਕ ਥਿੱਤਾਂ ਤੇ ਵਰਤ ਰੱਖੇ ਜਾਂਦੇ ਹਨ ਤਿਵੇਂ ਇਹਨਾਂ ਸੱਤਾਂ ਵਾਰਾਂ ਦੇ ਨਾਲ ਭੀ ਕਈ ਕਰਮਾਂ ਧਰਮਾਂ ਦਾ ਸੰਬੰਧ ਥਾਪਿਆ ਗਿਆ ਹੈ । ਇਹ 'ਵਾਰ' ਦੇਵੀ ਦੇਵਤਿਆਂ ਜਾਂ ਤਾਰਿਆਂ ਦੇ ਨਾਵਾਂ ਨਾਲ ਸੰਬੰਧ ਰੱਖਦੇ ਹਨ; ਮੰਗਲਵਾਰ ਦੇਵੀ ਦਾ ਵਾਰ ਸਮਝਿਆ ਜਾਂਦਾ ਹੈ, ਛਨਿੱਛਰਵਾਰ ਛਨਿੱਛਰ ਦੇਵਤੇ ਦਾ ਦਿਨ ਹੈ ।

ਕਦੇ ਕਿਸੇ ਕਰਮ-ਕਾਂਡੀ ਹਿੰਦੂ ਸੱਜਣ ਦੇ ਪਾਸ ਚਾਰ ਦਿਨ ਰਹਿ ਕੇ ਵੇਖੋ, ਤਾਂ ਉਸ ਦੇ ਰੋਜ਼ਾਨਾ ਕਰਤੱਵ ਤੋਂ ਪਤਾ ਮਿਲੇਗਾ ਕਿ ਇਹਨਾਂ 'ਥਿੱਤਾਂ' ਤੇ 'ਵਾਰਾਂ' ਦੀ ਰਾਹੀਂ ਕਰਮ-ਕਾਂਡ ਦਾ ਚੰਗਾ ਜਾਲ ਵਿਛਿਆ ਹੈ, ਤਕੜੇ ਭਰਮ-ਵਹਿਮ ਬਣੇ ਹੋਏ ਹਨ ।

ਕਬੀਰ ਜੀ ਇਸ ਬਾਣੀ ਦੀ ਰਾਹੀਂ ਉਪਦੇਸ਼ ਕਰਦੇ ਹਨ ਕਿ ਇਹਨਾਂ 'ਥਿਤਾਂ ਵਾਰਾਂ' ਦੇ ਭਰਮ-ਵਹਿਮ ਨੂੰ ਛੱਡ ਕੇ ਸਦਾ ਪਰਮਾਤਮਾ ਦੀ ਭਗਤੀ ਕਰੋ, ਪਰ ਕਰਤਾਰ ਦੇ ਰੰਗ! ਗੁਰੂ ਅਰਜਨ ਸਾਹਿਬ ਦੇ 'ਬਾਰਹ ਮਾਹ' ਅਤੇ ਕਬੀਰ ਜੀ ਦੀ ਇਸ 'ਥਿਤੀ' ਨੂੰ ਪੜ੍ਹਦੇ ਹੋਏ ਅਸੀ ਲੋਕ ਭੀ ਮੱਸਿਆ ਤੇ ਪੰਚਮੀ ਨੂੰ ਖ਼ਾਸ ਵਿਸ਼ੇਸ਼ਤਾ ਦੇਂਦੇ ਹਾਂ, ਸੰਗਰਾਂਦ ਨੂੰ ਬਾਕੀ ਦਿਹਾੜਿਆਂ ਨਾਲੋਂ ਪਵਿੱਤਰ ਦਿਹਾੜਾ ਮੰਨਦੇ ਹਾਂ {ਨੋਟ:- ਇਸ ਬਾਰੇ ਪੜ੍ਹੋ ਮੇਰੀ ਪੁਸਤਕ 'ਬੁਰਾਈ ਦਾ ਟਾਕਰਾ' ਵਿਚ ਮੇਰਾ ਮਜ਼ਮੂਨ 'ਸੰਗ੍ਰਾਂਦ'} ।

ਸਲੋਕੁ ॥ ਪੰਦ੍ਰਹ ਥਿਤੰੀ ਸਾਤ ਵਾਰ ॥ ਕਹਿ ਕਬੀਰ ਉਰਵਾਰ ਨ ਪਾਰ ॥ ਸਾਧਿਕ ਸਿਧ ਲਖੈ ਜਉ ਭੇਉ ॥ ਆਪੇ ਕਰਤਾ ਆਪੇ ਦੇਉ ॥੧॥ {ਪੰਨਾ 343}

ਨੋਟ:- ਜਿਵੇਂ 'ਸੁਖਮਨੀ' ਦੇ ਹਰੇਕ 'ਸਲੋਕ' ਵਿਚ ਜੋ ਮਜ਼ਮੂਨ ਹੈ, 'ਅਸਟਪਦੀ' ਵਿਚ ਉਸ ਦੀ ਵਿਆਖਿਆ ਕੀਤੀ ਗਈ ਹੈ; ਤਿਵੇਂ ਕਬੀਰ ਜੀ ਨੇ ਇਸ 'ਸਲੋਕ' ਵਿਚ ਜੋ ਮੁਖ-ਭਾਵ ਦਿੱਤਾ ਹੈ, ਅਗਾਂਹ 'ਥਿਤੰੀ' ਦੀਆਂ ਪਉੜੀਆਂ ਵਿਚ ਉਸ ਦਾ ਵਿਸਥਾਰ ਕੀਤਾ ਹੈ; ਪਰ ਇਹਨਾਂ ਪਉੜੀਆਂ ਵਿਚ ਇਕ 'ਬੰਦ' ਰਹਾਉ ਦਾ ਭੀ ਹੈ । 'ਰਹਾਉ' ਵਿਚ ਸਾਰੀ ਬਾਣੀ ਜਾਂ ਸ਼ਬਦ ਦਾ ਤੱਤ ਹੁੰਦਾ ਹੈ । ਇਸ ਨਿਯਮ ਅਨੁਸਾਰ ਇਥੇ ਰਹਾਉ ਅਤੇ ਪਹਿਲੇ ਸਲੋਕ ਦਾ ਮਜ਼ਮੂਨ ਇਕੋ ਹੀ ਹੈ । 'ਰਹਾਉ' ਵਿਚ ਲਿਖਿਆ ਹੈ:

ਚਰਨ ਕਮਲ ਗੋਬਿੰਦ ਰੰਗੁ ਲਾਗਾ ॥ ਸੰਤ ਪ੍ਰਸਾਦਿ ਭਏ ਮਨ ਨਿਰਮਲ, ਹਰਿ ਕੀਰਤਨ ਮਹਿ ਅਨਦਿਨੁ ਜਾਗਾ ॥ਰਹਾਉ॥ {ਪੰਨਾ ੩੪੩}

ਪਦਅਰਥ:- ਕਹਿ—ਕਹੈ, ਆਖਦਾ ਹੈ । ਉਰਵਾਰ ਨ ਪਾਰ—ਜਿਸ ਪ੍ਰਭੂ ਦਾ ਨਾਹ ਉਰਲਾ ਬੰਨਾ ਤੇ ਨਾਹ ਪਾਰਲਾ ਬੰਨਾ ਦਿੱਸਦਾ ਹੈ, ਜੋ ਪਰਮਾਤਮਾ ਬੇਅੰਤ ਹੈ । ਸਾਧਿਕ—ਸਿਫ਼ਤਿ-ਸਾਲਾਹ ਦਾ ਸਾਧਨ ਕਰਨ ਵਾਲੇ । ਸਿਧ—ਪੁੱਗੇ ਹੋਏ, ਜੋ ਪ੍ਰਭੂ ਚਰਨਾਂ ਵਿਚ ਜੁੜ ਚੁਕੇ ਹਨ । ਭੇਉ—ਭੇਤ । ਕਰਤਾ—ਕਰਤਾਰ । ਦੇਉ—ਪ੍ਰਕਾਸ਼-ਸਰੂਪ ਪ੍ਰਭੂ । ਆਪੇ—ਆਪ ਹੀ ਆਪ, ਹਰ ਥਾਂ ਵਿਆਪਕ ।

ਅਰਥ:- (ਭਰਮੀ ਲੋਕ ਤਾਂ ਵਰਤ ਆਦਿਕ ਰੱਖ ਕੇ) ਪੰਦ੍ਰਹ ਥਿੱਤਾਂ ਤੇ ਸੱਤ ਵਾਰ (ਮਨਾਉਂਦੇ ਹਨ), ਪਰ ਕਬੀਰ (ਇਹਨਾਂ ਥਿੱਤਾਂ ਵਾਰਾਂ ਦੀ ਰਾਹੀਂ ਹਰ ਰੋਜ਼) ਉਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹੈ ਜੋ ਬੇਅੰਤ ਹੈ । ਸਿਫ਼ਤਿ-ਸਾਲਾਹ ਦਾ ਸਾਧਨ ਕਰਨ ਵਾਲਾ ਜੋ ਭੀ ਮਨੁੱਖ ਉਸ ਪ੍ਰਭੂ ਦਾ ਭੇਤ ਪਾ ਲੈਂਦਾ ਹੈ (ਭਾਵ, ਡੂੰਘੀ ਸਾਂਝ

ਉਸ ਨਾਲ ਬਣਾ ਲੈਂਦਾ ਹੈ) ਉਸ ਨੂੰ ਪ੍ਰਕਾਸ਼-ਸਰੂਪ ਕਰਤਾਰ ਆਪ ਹੀ ਆਪ ਹਰ ਥਾਂ ਦਿੱਸਦਾ ਹੈ ।੧।

ਥਿਤੀਂ ॥ ਅੰਮਾਵਸ ਮਹਿ ਆਸ ਨਿਵਾਰਹੁ ॥ ਅੰਤਰਜਾਮੀ ਰਾਮੁ ਸਮਾਰਹੁ ॥ ਜੀਵਤ ਪਾਵਹੁ ਮੋਖ ਦੁਆਰ ॥ ਅਨਭਉ ਸਬਦੁ ਤਤੁ ਨਿਜੁ ਸਾਰ ॥੧॥ {ਪੰਨਾ 343}

ਪਦਅਰਥ:- ਨਿਵਾਰਹੁ—ਦੂਰ ਕਰੋ । ਅੰਮਾਵਸ ਮਹਿ—ਮੱਸਿਆ ਵਾਲੇ ਦਿਨ । ਸਮ੍ਹਾਰਹੁ—ਚੇਤੇ ਕਰੋ, ਸਿਮਰੋ । ਮੋਖ—ਮੁਕਤੀ, ਭਰਮਾਂ ਤੋਂ ਖ਼ਲਾਸੀ । ਅਨਭਉ—{Skt. AnBv—Direct perception or cognition, knowledge derived from personal observation} ਉਹ ਸੂਝ ਜੋ ਧਾਰਮਿਕ ਪੁਸਤਕਾਂ ਨੂੰ ਪੜ੍ਹਨ ਦੇ ਥਾਂ ਸਿੱਧਾ ਪ੍ਰਭੂ-ਚਰਨਾਂ ਵਿਚ ਜੁੜਿਆਂ ਹਾਸਲ ਹੁੰਦੀ ਹੈ । ਸਬਦੁ—ਸਤਿਗੁਰੂ ਦਾ ਸ਼ਬਦ । ਤਤੁ—ਅਸਲਾ । ਨਿਜੁ—ਨਿਰੋਲ ਆਪਣਾ । ਸਾਰੁ—ਸ੍ਰੇਸ਼ਟ । ਨਿਜੁ ਸਾਰੁ ਤਤੁ—ਨਿਰੋਲ ਆਪਣਾ ਸ੍ਰੇਸ਼ਟ ਅਸਲਾ ।

ਅਰਥ:- ਮੱਸਿਆ ਵਾਲੇ ਦਿਨ (ਵਰਤ-ਇਸ਼ਨਾਨ ਆਦਿਕ ਤੇ ਹੋਰ ਹੋਰ) ਆਸਾਂ ਦੂਰ ਕਰੋ, ਘਰ ਘਟ ਦੀ ਜਾਣਨ ਵਾਲੇ ਸਰਬ-ਵਿਆਪਕ ਪਰਮਾਤਮਾ ਨੂੰ ਹਿਰਦੇ ਵਿਚ ਵਸਾਓ । (ਤੁਸੀ ਇਹਨਾਂ ਥਿੱਤਾਂ ਨਾਲ ਜੋੜੇ ਹੋਏ ਕਰਮ-ਧਰਮ ਕਰ ਕੇ ਮਰਨ ਪਿਛੋਂ ਕਿਸੇ ਮੁਕਤੀ ਦੀ ਆਸ ਰੱਖਦੇ ਹੋ, ਪਰ ਜੇ ਪਰਮਾਤਮਾ ਦਾ ਸਿਮਰਨ ਕਰੋਗੇ, ਤਾਂ) ਇਸੇ ਜਨਮ ਵਿਚ (ਵਿਕਾਰਾਂ ਦੁੱਖਾਂ ਅਤੇ ਭਰਮਾਂ-ਵਹਿਮਾਂ ਤੋਂ) ਖ਼ਲਾਸੀ ਹਾਸਲ ਕਰ ਲਵੋਗੇ । (ਇਸ ਸਿਮਰਨ ਦੀ ਬਰਕਤ ਨਾਲ) ਤੁਹਾਡਾ ਨਿਰੋਲ ਆਪਣਾ ਸ੍ਰੇਸ਼ਟ ਅਸਲਾ ਮਘ ਪਏਗਾ, ਸਤਿਗੁਰੂ ਦਾ ਸ਼ਬਦ ਅਨੁਭਵੀ ਰੂਪ ਵਿਚ ਫੁਰੇਗਾ ।੧।

ਚਰਨ ਕਮਲ ਗੋਬਿੰਦ ਰੰਗੁ ਲਾਗਾ ॥ ਸੰਤ ਪ੍ਰਸਾਦਿ ਭਏ ਮਨ ਨਿਰਮਲ ਹਰਿ ਕੀਰਤਨ ਮਹਿ ਅਨਦਿਨੁ ਜਾਗਾ ॥੧॥ ਰਹਾਉ ॥ {ਪੰਨਾ 343}

ਪਦਅਰਥ:- ਰੰਗੁ—ਪਿਆਰ । ਸੰਤ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ । ਅਨਦਿਨੁ—ਹਰ ਰੋਜ਼, ਹਰ ਵੇਲੇ । ਜਾਗਾ—ਜਾਗਦਾ ਰਹਿੰਦਾ ਹੈ, ਵਿਕਾਰਾਂ ਵਲੋਂ ਸੁਚੇਤ ਰਹਿੰਦਾ ਹੈ ।

ਅਰਥ:- ਜਿਸ ਮਨੁੱਖ ਦਾ ਪਿਆਰ ਗੋਬਿੰਦ ਦੇ ਸੁਹਣੇ ਚਰਨਾਂ ਨਾਲ ਬਣ ਜਾਂਦਾ ਹੈ, ਗੁਰੂ ਦੀ ਕਿਰਪਾ ਨਾਲ ਉਸ ਦਾ ਮਨ ਪਵਿੱਤਰ ਹੋ ਜਾਂਦਾ ਹੈ । ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਿਚ ਜੁੜ ਕੇ ਉਹ ਮਨੁੱਖ ਵਿਕਾਰਾਂ ਵਲੋਂ ਹਰ ਵੇਲੇ ਸੁਚੇਤ ਰਹਿੰਦਾ ਹੈ ।੧।ਰਹਾਉ।

ਪਰਿਵਾ ਪ੍ਰੀਤਮ ਕਰਹੁ ਬੀਚਾਰ ॥ ਘਟ ਮਹਿ ਖੇਲੈ ਅਘਟ ਅਪਾਰ ॥ ਕਾਲ ਕਲਪਨਾ ਕਦੇ ਨ ਖਾਇ ॥ ਆਦਿ ਪੁਰਖ ਮਹਿ ਰਹੈ ਸਮਾਇ ॥੨॥ ਦੁਤੀਆ ਦੁਹ ਕਰਿ ਜਾਨੈ ਅੰਗ ॥ ਮਾਇਆ ਬ੍ਰਹਮ ਰਮੈ ਸਭ ਸੰਗ ॥ ਨਾ ਓਹੁ ਬਢੈ ਨ ਘਟਤਾ ਜਾਇ ॥ ਅਕੁਲ ਨਿਰੰਜਨ ਏਕੈ ਭਾਇ ॥੩॥ ਤ੍ਰਿਤੀਆ ਤੀਨੇ ਸਮ ਕਰਿ ਲਿਆਵੈ ॥ ਆਨਦ ਮੂਲ ਪਰਮ ਪਦੁ ਪਾਵੈ ॥ ਸਾਧਸੰਗਤਿ ਉਪਜੈ ਬਿਸ੍ਵਾਸ ॥ ਬਾਹਰਿ ਭੀਤਰਿ ਸਦਾ ਪ੍ਰਗਾਸ ॥੪॥ {ਪੰਨਾ 343}

ਪਦਅਰਥ:- ਪਰਿਵਾ—{Skt. pvin—the day of the new moon} ਏਕਮ ਥਿੱਤ । ਅਘਟ—ਅ-ਘਟ, ਜੋ ਸਰੀਰ-ਰਹਿਤ ਹੈ, ਜੋ ਸਰੀਰਾਂ ਦੀ ਕੈਦ ਵਿਚ ਨਹੀਂ ਹੈ । ਅਪਾਰ—ਅ-ਪਾਰ, ਬੇਅੰਤ । ਕਲਪਨਾ—ਚਿੰਤਾ-ਫਿਕਰ ।੨।

ਰਹੈ ਸਮਾਇ—ਲੀਨ ਰਹਿੰਦਾ ਹੈ । ਅੰਗ—ਹਿੱਸੇ । ਦੁਹ—ਦੋ । ਰਮੈ—ਮੌਜੂਦ ਹੈ, ਵਿਆਪਕ ਹੈ । ਏਕੈ ਭਾਇ—ਇਕ-ਸਾਰ, ਇਕ-ਸਮਾਨ, ਇਕੋ ਜਿਹਾ ।੩।

ਸਮ ਕਰਿ—ਸਾਵੇਂ ਕਰ ਕੇ । ਪਦੁ—ਦਰਜਾ, ਅਵਸਥਾ । ਪਰਮ ਪਦੁ—ਸਭ ਤੋਂ ਉੱਚੀ ਆਤਮਕ ਅਵਸਥਾ । ਆਨਦ ਮੂਲ—ਆਨੰਦ ਦਾ ਸੋਮਾ । ਬਿਸ੍ਵਾਸ—ਯਕੀਨ, ਭਰੋਸਾ, ਸ਼ਰਧਾ । ਪ੍ਰਗਾਸ—ਚਾਨਣ, ਪ੍ਰਕਾਸ਼ ।੪।

ਅਰਥ:- ਜੋ ਪਰਮਾਤਮਾ ਸਰੀਰਾਂ ਦੀ ਕੈਦ ਵਿਚ ਨਹੀਂ ਆਉਂਦਾ, ਬੇਅੰਤ ਹੈ ਅਤੇ (ਫਿਰ ਭੀ) ਹਰੇਕ ਸਰੀਰ ਵਿਚ ਖੇਡ ਰਿਹਾ ਹੈ (ਹੇ ਭਾਈ!) ਉਸ ਪ੍ਰੀਤਮ (ਦੇ ਗੁਣਾਂ) ਦਾ ਵਿਚਾਰ ਕਰੋ (ਉਸ ਪ੍ਰੀਤਮ ਦੀ ਸਿਫ਼ਤਿ-ਸਾਲਾਹ ਕਰੋ । ਜੋ ਮਨੁੱਖ ਪ੍ਰੀਤਮ-ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹੈ) ਉਸ ਨੂੰ ਕਦੇ ਮੌਤ ਦਾ ਡਰ ਨਹੀਂ ਪੁੰਹਦਾ (ਕਿਉਂਕਿ) ਉਹ ਸਦਾ ਸਭ ਦੇ ਸਿਰਜਣ ਵਾਲੇ ਅਕਾਲ ਪੁਰਖ ਵਿਚ ਜੁੜਿਆ ਰਹਿੰਦਾ ਹੈ ।੨।

(ਉਹ ਮਨੁੱਖ ਇਹ ਸਮਝ ਲੈਂਦਾ ਹੈ ਕਿ ਜਗਤ ਨਿਰਾ ਪ੍ਰਕਿਤੀ ਨਹੀਂ ਹੈ, ਉਹ ਇਸ ਸੰਸਾਰ ਦੇ) ਦੋ ਅੰਗ ਸਮਝਦਾ ਹੈ—ਮਾਇਆ ਅਤੇ ਬ੍ਰਹਮ । ਬ੍ਰਹਮ (ਇਸ ਮਾਇਆ ਦੇ ਵਿਚ) ਹਰੇਕ ਦੇ ਨਾਲ ਵੱਸ ਰਿਹਾ ਹੈ, ਉਹ ਕਦੇ ਵਧਦਾ ਘਟਦਾ ਨਹੀਂ ਹੈ, ਸਦਾ ਇਕੋ ਜਿਹਾ ਰਹਿੰਦਾ ਹੈ, ਉਸ ਦੀ ਕੋਈ ਖ਼ਾਸ ਕੁਲ ਨਹੀਂ ਹੈ, ਉਹ ਨਿਰੰਜਨ ਹੈ (ਭਾਵ, ਇਹ ਮਾਇਆ ਉਸ ਤੇ ਆਪਣਾ ਪ੍ਰਭਾਵ ਨਹੀਂ ਪਾ ਸਕਦੀ) ।੩।

(ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨ ਵਾਲਾ ਮਨੁੱਖ) ਮਾਇਆ ਦੇ ਤਿੰਨਾਂ ਗੁਣਾਂ ਨੂੰ ਸਹਿਜ ਅਵਸਥਾ ਵਿਚ ਸਾਵੇਂ ਰੱਖਦਾ ਹੈ (ਭਾਵ, ਉਹ ਇਹਨਾਂ ਗੁਣਾਂ ਵਿਚ ਕਦੇ ਨਹੀਂ ਡੋਲਦਾ), ਉਹ ਮਨੁੱਖ ਉਸ ਸਭ ਤੋਂ ਉੱਚੀ ਆਤਮਕ ਅਵਸਥਾ ਨੂੰ ਹਾਸਲ ਕਰ ਲੈਂਦਾ ਹੈ ਜੋ ਅਨੰਦ ਦਾ ਸੋਮਾ ਹੈ; ਸਤਸੰਗ ਵਿਚ ਰਹਿ ਕੇ ਉਸ ਮਨੁੱਖ ਦੇ ਅੰਦਰ ਇਹ ਯਕੀਨ ਪੈਦਾ ਹੋ ਜਾਂਦਾ ਹੈ ਕਿ ਅੰਦਰ ਬਾਹਰ ਹਰ ਥਾਂ ਸਦਾ ਪ੍ਰਭੂ ਦਾ ਹੀ ਪ੍ਰਕਾਸ਼ ਹੈ ।੪।

ਚਉਥਹਿ ਚੰਚਲ ਮਨ ਕਉ ਗਹਹੁ ॥ ਕਾਮ ਕ੍ਰੋਧ ਸੰਗਿ ਕਬਹੁ ਨ ਬਹਹੁ ॥ ਜਲ ਥਲ ਮਾਹੇ ਆਪਹਿ ਆਪ ॥ ਆਪੈ ਜਪਹੁ ਆਪਨਾ ਜਾਪ ॥੫॥ {ਪੰਨਾ 343}

ਪਦਅਰਥ:- ਚਉਥਹਿ—ਚੌਥੀ ਥਿੱਤ ਨੂੰ । ਕਉ—ਨੂੰ । ਗਹਹੁ—ਪਕੜ ਰੱਖੋ, ਵੱਸ ਵਿਚ ਲਿਆਓ । ਸੰਗਿ—ਨਾਲ । ਬਹਹੁ—ਬੈਠੋ । ਮਾਹੇ—ਵਿਚ । ਆਪਹਿ ਆਪ—ਆਪ ਹੀ ਆਪ । ਆਪੈ—ਉਸ 'ਆਪ' ਵਿਚ, ਉਸ ਦੀ ਜੋਤ ਵਿਚ । ਆਪਨਾ ਜਾਪੁ—ਉਹ ਜਾਪ ਜੋ ਤੁਹਾਡੇ ਕੰਮ ਆਵੇਗਾ ।

ਅਰਥ:- ਚੌਥੀ ਥਿੱਤ ਨੂੰ (ਕਿਸੇ ਕਰਮ-ਧਰਮ ਦੇ ਥਾਂ) ਇਸ ਚੰਚਲ ਮਨ ਨੂੰ ਪਕੜ ਕੇ ਰੱਖੋ, ਕਦੇ ਕਾਮ ਕ੍ਰੋਧ ਦੀ ਸੰਗਤਿ ਵਿਚ ਨਾਹ ਬੈਠੋ । ਜੋ ਪਰਮਾਤਮਾ ਜਲ ਵਿਚ, ਧਰਤੀ ਉੱਤੇ (ਹਰ ਥਾਂ) ਆਪ ਹੀ ਆਪ ਵਿਆਪਕ ਹੈ, ਉਸ ਦੀ ਜੋਤ ਵਿਚ ਜੁੜ ਕੇ ਉਹ ਜਾਪ ਜਪੋ ਜੋ ਤੁਹਾਡੇ ਕੰਮ ਆਉਣ ਵਾਲਾ ਹੈ ।੫।

ਪਾਂਚੈ ਪੰਚ ਤਤ ਬਿਸਥਾਰ ॥ ਕਨਿਕ ਕਾਮਿਨੀ ਜੁਗ ਬਿਉਹਾਰ ॥ ਪ੍ਰੇਮ ਸੁਧਾ ਰਸੁ ਪੀਵੈ ਕੋਇ ॥ ਜਰਾ ਮਰਣ ਦੁਖੁ ਫੇਰਿ ਨ ਹੋਇ ॥੬॥ {ਪੰਨਾ 343}

ਪਦਅਰਥ:- ਪਾਂਚੈ—ਪੰਜਵੀਂ ਥਿੱਤ ਨੂੰ, ਪੰਚਮੀ ਨੂੰ (ਇਹ ਚੇਤੇ ਰੱਖੋ) । ਬਿਸਥਾਰ—ਪਸਾਰਾ, ਖਿਲਾਰਾ । ਕਨਿਕ—ਸੋਨਾ, ਧਨ । ਕਾਮਿਨੀ—ਇਸਤ੍ਰੀ । ਜੁਗ—ਦੋਹਾਂ ਵਿਚ । ਬਿਉਹਾਰ—ਵਿਹਾਰ, ਰੁਝੇਵਾਂ । ਸੁਧਾ—ਅੰਮ੍ਰਿਤ । ਕੋਇ—ਕੋਈ, ਵਿਰਲਾ । ਜਰਾ—ਬੁਢੇਪਾ ।

ਅਰਥ:- ਇਹ ਜਗਤ ਪੰਜਾਂ ਤੱਤਾਂ ਤੋਂ (ਇਕ ਖੇਲ ਜਿਹਾ) ਬਣਿਆ ਹੈ (ਜੋ ਚਾਰ ਦਿਨ ਵਿਚ ਖ਼ਤਮ ਹੋ ਜਾਂਦਾ

ਹੈ, ਪਰ ਇਹ ਗੱਲ ਵਿਸਾਰ ਕੇ ਇਹ ਜੀਵ) ਧਨ ਤੇ ਇਸਤ੍ਰੀ ਇਹਨਾਂ ਦੋਹਾਂ ਦੇ ਰੁਝੇਵੇਂ ਵਿਚ ਮਸਤ ਹੋ ਰਿਹਾ ਹੈ। ਇਥੇ ਕੋਈ ਵਿਰਲਾ ਮਨੁੱਖ ਹੈ ਜੋ ਪਰਮਾਤਮਾ ਦੇ ਪ੍ਰੇਮ-ਅੰਮ੍ਰਿਤ ਦਾ ਘੁਟ ਪੀਂਦਾ ਹੈ, (ਜੋ ਪੀਂਦਾ ਹੈ ਉਸ ਨੂੰ ਬੁਢੇਪੇ ਅਤੇ ਮੌਤ ਦਾ ਸਹਿਮ ਮੁੜ ਕਦੇ ਨਹੀਂ ਵਿਆਪਦਾ ।੬।

ਛਠਿ ਖਟੁ ਚਕ੍ਰ ਛਹੂੰ ਦਿਸ ਧਾਇ ॥ ਬਿਨੁ ਪਰਚੈ ਨਹੀ ਥਿਰਾ ਰਹਾਇ ॥ ਦੁਬਿਧਾ ਮੇਟਿ ਖਿਮਾ ਗਹਿ ਰਹਹੁ ॥ ਕਰਮ ਧਰਮ ਕੀ ਸੂਲ ਨ ਸਹਹੁ ॥੭॥ {ਪੰਨਾ 343}

ਪਦਅਰਥ:- ਛਠਿ—ਛਟ, ਛੇਵੀਂ ਥਿੱਤ । ਖਟੁ ਚਕ੍ਰ—ਪੰਜ ਗਿਆਨ-ਇੰਦਰੇ ਅਤੇ ਛੇਵਾਂ ਮਨ—ਇਹਨਾਂ ਛਿਆਂ ਦਾ ਜੱਥਾ । ਛਹੂੰ ਦਿਸ—ਛੇ ਪਾਸੀਂ, ਚਾਰ-ਤਰਫ਼ਾਂ, ਤੇ ਹੇਠਾਂ ਉਤਾਂਹ; (ਭਾਵ) ਸਾਰੇ ਸੰਸਾਰ ਵਿਚ । ਧਾਇ—ਭਟਕਦਾ ਹੈ । ਬਿਨੁ ਪਰਚੈ—ਪ੍ਰਭੂ ਵਿਚ ਪਤੀਜਣ ਤੋਂ ਬਿਨਾ, ਪ੍ਰਭੂ ਵਿਚ ਜੁੜਨ ਤੋਂ ਬਿਨਾ । ਦੁਬਿਧਾ—ਦੁਚਿੱਤਾ-ਪਨ, ਭਟਕਣਾ । ਖਿਮਾ—ਧੀਰਜ, ਜਿਰਾਂਦ । ਗਹਿ ਰਹਹੁ—ਧਾਰਨ ਕਰੋ । ਸੂਲ—ਦੁੱਖ, ਕਜ਼ੀਆ ।

ਅਰਥ:- ਮਨੁੱਖ ਦੇ ਪੰਜੇ ਗਿਆਨ-ਇੰਦਰੇ ਅਤੇ ਛੇਵਾਂ ਮਨ—ਇਹ ਸਾਰਾ ਸਾਥ ਸੰਸਾਰ (ਦੇ ਪਦਾਰਥਾਂ ਦੀ ਲਾਲਸਾ) ਵਿਚ ਭਟਕਦਾ ਫਿਰਦਾ ਹੈ, ਜਦ ਤਕ ਮਨੁੱਖ ਪ੍ਰਭੂ ਦੀ ਯਾਦ ਵਿਚ ਨਹੀਂ ਜੁੜਦਾ, ਤਦ ਤਕ ਇਹ ਸਾਰਾ ਸਾਥ (ਇਸ ਭਟਕਣਾ ਵਿਚੋਂ ਹਟ ਕੇ) ਟਿਕਦਾ ਨਹੀਂ ।

ਹੇ ਭਾਈ! ਭਟਕਣਾ ਮਿਟਾ ਕੇ ਜਿਰਾਂਦ ਧਾਰਨ ਕਰੋ ਤੇ ਛੱਡੋ ਇਹ ਕਰਮਾਂ ਧਰਮਾਂ ਦਾ ਲੰਮਾ ਟੰਟਾ (ਜਿਸ ਵਿਚੋਂ ਕੁਝ ਭੀ ਹੱਥ ਨਹੀਂ ਆਉਣਾ) ।੭।

ਸਾਤੈਂ ਸਤਿ ਕਰਿ ਬਾਚਾ ਜਾਣਿ ॥ ਆਤਮ ਰਾਮੁ ਲੇਹੁ ਪਰਵਾਣਿ ॥ ਛੂਟੈ ਸੰਸਾ ਮਿਟਿ ਜਾਹਿ ਦੁਖ ॥ ਸੁੰਨ ਸਰੋਵਰਿ ਪਾਵਹੁ ਸੁਖ ॥੮॥ {ਪੰਨਾ 343}

ਪਦਅਰਥ:- ਬਾਚਾ—ਗੁਰੂ ਦੇ ਬਚਨ । ਸਤਿ ਕਰਿ ਜਾਣਿ—ਸੱਚੇ ਸਮਝ, ਪੂਰੀ ਸ਼ਰਧਾ ਧਾਰ । ਆਤਮ ਰਾਮੁ—ਪਰਮਾਤਮਾ । ਲੇਹੁ ਪਰਵਾਣਿ—ਪ੍ਰੋ ਲਵੋ । ਛੂਟੈ—ਦੂਰ ਹੋ ਜਾਂਦਾ ਹੈ । ਸੰਸਾ—ਸਹਿਸਾ, ਸਹਿਮ । ਸੁੰਨ—ਸੁੰਞ, ਉਹ ਅਵਸਥਾ ਜਿਥੇ ਸਹਿਮ ਆਦਿਕ ਦੇ ਕੋਈ ਫੁਰਨੇ ਨਹੀਂ ਉਠਦੇ । ਸਰੋਵਰਿ—ਸਰੋਵਰ ਵਿਚ ।

ਅਰਥ:- ਹੇ ਭਾਈ! ਸਤਿਗੁਰੂ ਦੀ ਬਾਣੀ ਵਿਚ ਸ਼ਰਧਾ ਧਾਰੋ, (ਇਸ ਬਾਣੀ ਦੀ ਰਾਹੀਂ) ਪਰਮਾਤਮਾ (ਦੇ ਨਾਮ) ਨੂੰ (ਆਪਣੇ ਹਿਰਦੇ ਵਿਚ) ਪ੍ਰੋ ਲਵੋ; (ਇਸ ਤਰ੍ਹਾਂ) ਸਹਿਮ ਦੂਰ ਹੋ ਜਾਇਗਾ, ਦੁਖ-ਕਲੇਸ਼ ਮਿਟ ਜਾਣਗੇ, ਉਸ ਸਰੋਵਰ ਵਿਚ ਚੁੱਭੀ ਲਾ ਸਕੋਗੇ, ਜਿਥੇ ਸਹਿਮ ਆਦਿਕ ਦੇ ਕੋਈ ਫੁਰਨੇ ਨਹੀਂ ਉਠਦੇ ਅਤੇ ਸੁਖ ਮਾਣੋ ।

ਅਸਟਮੀ ਅਸਟ ਧਾਤੁ ਕੀ ਕਾਇਆ ॥ ਤਾ ਮਹਿ ਅਕੁਲ ਮਹਾ ਨਿਧਿ ਰਾਇਆ ॥ ਗੁਰ ਗਮ ਗਿਆਨ ਬਤਾਵੈ ਭੇਦ ॥ ਉਲਟਾ ਰਹੈ ਅਭੰਗ ਅਛੇਦ ॥੯॥ {ਪੰਨਾ 343}

ਪਦਅਰਥ:- ਅਸਟ—ਅੱਠ । ਅਸਟ ਧਾਤੁ—ਅੱਠ ਧਾਤਾਂ (ਰਸ, ਰੁਧਿਰ, ਮਾਸ, ਮੇਧਾ, ਅਸਥੀ, ਮਿੱਝ, ਵੀਰਜ, ਨਾੜੀ) । ਅਕੁਲ—ਅਕੁਲ, ਜਿਸ ਦੀ ਕੋਈ ਖ਼ਾਸ ਕੁਲ ਨਹੀਂ । ਮਹਾ ਨਿਧਿ—ਵੱਡਾ ਖ਼ਜ਼ਾਨਾ, ਸਭ ਗੁਣਾਂ ਦਾ ਖ਼ਜ਼ਾਨਾ । ਗੁਰ ਗਮ ਗਿਆਨ—ਪਹੁੰਚ ਵਾਲੇ ਗੁਰੂ ਦਾ ਗਿਆਨ । ਉਲਟਾ—ਦੇਹ ਅੱਧਿਆਸ ਵਲੋਂ ਪਰਤ ਕੇ, ਸਰੀਰਕ ਮੋਹ ਛੱਡ ਕੇ । ਅਭੰਗ—ਅ-ਭੰਗ, ਅਬਿਨਾਸ਼ੀ । ਅਛੇਦ—ਅ-ਛੇਦ, ਜੋ ਵਿੰਨ੍ਹਿਆ ਨਾਹ ਜਾ ਸਕੇ ।

ਅਰਥ:- ਇਹ ਸਰੀਰ (ਲਹੂ ਆਦਿਕ) ਅੱਠ ਧਾਤਾਂ ਦਾ ਬਣਿਆ ਹੋਇਆ ਹੈ, ਇਸ ਵਿਚ ਉਹ ਪਰਮਾਤਮਾ ਵੱਸ

ਰਿਹਾ ਹੈ ਜਿਸ ਦੀ ਕੋਈ ਖ਼ਾਸ ਕੁਲ ਨਹੀਂ ਹੈ ਜੋ ਸਭ ਗੁਣਾਂ ਦਾ ਖ਼ਜ਼ਾਨਾ ਹੈ । ਜਿਸ ਮਨੁੱਖ ਨੂੰ ਪਹੁੰਚ ਵਾਲੇ ਗੁਰੂ ਦਾ ਗਿਆਨ ਇਹ ਭੇਦ (ਕਿ ਸਰੀਰ ਦੇ ਵਿੱਚ ਹੀ ਹੈ ਪ੍ਰਭੂ) ਦੱਸਦਾ ਹੈ, ਉਹ ਸਰੀਰਕ ਮੋਹ ਵਲੋਂ ਪਰਤ ਕੇ ਅਬਿਨਾਸ਼ੀ ਪ੍ਰਭੂ ਵਿਚ ਜੁੜਿਆ ਰਹਿੰਦਾ ਹੈ ।੯।

ਨਉਮੀ ਨਵੈ ਦੁਆਰ ਕਉ ਸਾਧਿ ॥ ਬਹਤੀ ਮਨਸਾ ਰਾਖਹੁ ਬਾਂਧਿ ॥ ਲੋਭ ਮੋਹ ਸਭ ਬੀਸਰਿ ਜਾਹੁ ॥ ਜੁਗੁ ਜੁਗੁ ਜੀਵਹੁ ਅਮਰ ਫਲ ਖਾਹੁ ॥੧੦॥ ਦਸਮੀ ਦਹ ਦਿਸ ਹੋਇ ਅਨੰਦ ॥ ਛੂਟੈ ਭਰਮੁ ਮਿਲੈ ਗੋਬਿੰਦ ॥ ਜੋਤਿ ਸਰੂਪੀ ਤਤ ਅਨੂਪ ॥ ਅਮਲ ਨ ਮਲ ਨ ਛਾਹ ਨਹੀ ਧੂਪ ॥੧੧॥ {ਪੰਨਾ 343-344}

ਪਦਅਰਥ:- ਸਾਧਿ—(ਰਾਖਹੁ) ਸਾਧਿ, ਵੱਸ ਵਿਚ ਰੱਖੋ । ਬਹਤੀ ਮਨਸਾ—ਚੱਲਦੇ ਫੁਰਨੇ । ਬਾਂਧਿ—ਰੋਕ ਕੇ । ਜੁਗੁ ਜੁਗੁ—ਸਦਾ ਹੀ । ਅਮਰ—ਅ-ਮਰ, ਕਦੇ ਨਾਹ ਮੁੱਕਣ ਵਾਲਾ ।੧੦।

ਦਹ ਦਿਸਿ—ਦਸੀਂ ਪਾਸੀਂ, ਹਰ ਪਾਸੇ, ਸਾਰੇ ਸੰਸਾਰ ਵਿਚ । ਜੋਤਿ ਸਰੂਪੀ—ਉਹ ਪ੍ਰਭੂ ਜੋ ਨਿਰਾ ਨੂਰ ਹੀ ਨੂਰ ਹੈ । ਤਤ—ਅਸਲਾ, ਸਭ ਦਾ ਮੁੱਢ । ਅਨੂਪ—ਜਿਸ ਵਰਗਾ ਹੋਰ ਕੋਈ ਨਹੀਂ । ਅਮਲ—ਅ-ਮਲ, ਵਿਕਾਰ-ਰਹਿਤ । ਛਾਹ—ਹਨੇਰਾ, ਅਗਿਆਨਤਾ ਦਾ ਹਨੇਰਾ । ਧੂਪ—ਧੁੱਪ, ਵਿਕਾਰਾਂ ਦੀ ਅੱਗ ।੧੧।

ਨੋਟ:- ਬੰਦ ਨੰ: ੧੦, ੧੧, ੧੨, ੧੩ ਅਤੇ ੧੪ ਦਾ ਸਾਂਝਾ ਮਿਲਵਾਂ ਭਾਵ ਹੈ । ਜੋ ੧੦ ਤੋਂ ਸ਼ੁਰੂ ਹੋ ਕੇ ੧੪ ਤੇ ਮੁੱਕਦਾ ਹੈ ।

ਅਰਥ:- (ਹੇ ਭਾਈ!) ਸਾਰੇ ਸਰੀਰਕ ਇੰਦ੍ਰਿਆਂ ਨੂੰ ਕਾਬੂ ਵਿਚ ਰੱਖੋ, ਇਹਨਾਂ ਤੋਂ ਉੱਠਦੇ ਫੁਰਨਿਆਂ ਨੂੰ ਰੋਕੋ, ਲੋਭ ਮੋਹ ਆਦਿਕ ਸਾਰੇ ਵਿਕਾਰ ਭੁਲਾ ਦਿਉ । (ਇਸ ਮਿਹਨਤ ਦਾ) ਐਸਾ ਫਲ ਮਿਲੇਗਾ ਜੋ ਕਦੇ ਨਹੀਂ ਮੁੱਕੇਗਾ, ਐਸਾ ਸੁੰਦਰ ਜੀਵਨ ਜੀਵੋਗੇ ਜੋ ਸਦਾ ਕਾਇਮ ਰਹੇਗਾ ।੧੦।

(ਇਸ ਉੱਦਮ ਨਾਲ) ਮਨ ਦੀ ਭਟਕਣਾ ਦੂਰ ਹੋ ਜਾਂਦੀ ਹੈ; ਉਹ ਪਰਮਾਤਮਾ ਮਿਲ ਪੈਂਦਾ ਹੈ, ਜੋ ਨਿਰਾ ਨੂਰ ਹੀ ਨੂਰ ਹੈ, ਜੋ ਸਾਰੇ ਜਗਤ ਦਾ ਅਸਲਾ ਹੈ, ਜਿਸ ਵਰਗਾ ਹੋਰ ਕੋਈ ਨਹੀਂ ਹੈ, ਜਿਸ ਵਿਚ ਵਿਕਾਰਾਂ ਦੀ ਕੋਈ ਭੀ ਮੈਲ ਨਹੀਂ ਹੈ, ਨਾਹ ਉਸ ਵਿਚ ਅਗਿਆਨਤਾ ਦਾ ਹਨੇਰਾ ਹੈ ਅਤੇ ਨਾਹ ਹੀ ਤ੍ਰਿਸ਼ਨਾ ਆਦਿਕ ਵਿਕਾਰਾਂ ਦੀ ਅੱਗ ਹੈ । (ਐਸੇ ਪਰਮਾਤਮਾ ਨਾਲ ਮੇਲ ਹੋਇਆਂ) ਸਾਰੇ ਸੰਸਾਰ ਵਿਚ ਹੀ ਮਨੁੱਖ ਵਾਸਤੇ ਅਨੰਦ ਹੀ ਅਨੰਦ ਹੁੰਦਾ ਹੈ ।੧੧।

ਏਕਾਦਸੀ ਏਕ ਦਿਸ ਧਾਵੈ ॥ ਤਉ ਜੋਨੀ ਸੰਕਟ ਬਹੁਰਿ ਨ ਆਵੈ ॥ ਸੀਤਲ ਨਿਰਮਲ ਭਇਆ ਸਰੀਰਾ ॥ ਦੂਰਿ ਬਤਾਵਤ ਪਾਇਆ ਨੀਰਾ ॥੧੨॥ {ਪੰਨਾ 344}

ਪਦਅਰਥ:- ਏਕ ਦਿਸ—ਇੱਕ ਪਾਸੇ, ਇੱਕ ਪਰਮਾਤਮਾ ਵਲ । ਧਾਵੈ—ਦੌੜਦਾ ਹੈ, ਜਾਂਦਾ ਹੈ । ਤਉ—ਤਦੋਂ । ਸੰਕਟ—ਕਸ਼ਟ, ਦੁੱਖ-ਕਲੇਸ਼ । ਬਹੁਰਿ—ਮੁੜ, ਫਿਰ । ਸੀਤਲ—ਠੰਢਾ । ਸਰੀਰਾ—(ਭਾਵ) ਗਿਆਨ-ਇੰਦ੍ਰੇ । ਨੀਰਾ—ਨੇੜੇ, ਆਪਣੇ ਅੰਦਰ ਹੀ ।

ਅਰਥ:- (ਜਦੋਂ ਮਨੁੱਖ ਦਾ ਮਨ ਵਿਕਾਰਾਂ ਵਲੋਂ ਹਟ ਕੇ) ਇੱਕ ਪਰਮਾਤਮਾ (ਦੀ ਯਾਦ) ਵਲ ਜਾਂਦਾ ਹੈ, ਤਦੋਂ ਉਹ ਮੁੜ ਜਨਮ-ਮਰਨ ਦੇ ਕਸ਼ਟਾਂ ਵਿਚ ਨਹੀਂ ਆਉਂਦਾ । ਜੋ ਪਰਮਾਤਮਾ ਕਿਤੇ ਦੂਰ ਦੱਸਿਆ ਜਾਂਦਾ ਸੀ ਉਹ ਉਸ ਨੂੰ ਨੇੜੇ (ਆਪਣੇ ਅੰਦਰ ਹੀ) ਲੱਭ ਪੈਂਦਾ ਹੈ, ਇਸ ਵਾਸਤੇ ਉਸ ਦੇ ਅੰਦਰ ਠੰਢ ਪੈ ਜਾਂਦੀ ਹੈ ਅਤੇ ਉਸ

ਦਾ ਆਪਾ ਪਵਿੱਤਰ ਹੋ ਜਾਂਦਾ ਹੈ ।੧੨।

ਬਾਰਸਿ ਬਾਰਹ ਉਗਵੈ ਸੂਰ ॥ ਅਹਿਨਿਸਿ ਬਾਜੇ ਅਨਹਦ ਤੂਰ ॥ ਦੇਖਿਆ ਤਿਹੂੰ ਲੋਕ ਕਾ ਪੀਉ ॥ ਅਚਰਜੁ ਭਇਆ ਜੀਵ ਤੇ ਸੀਉ ॥੧੩॥ {ਪੰਨਾ 344}

ਪਦਅਰਥ:- ਬਾਰਸਿ—ਦੁਆਦਸੀ ਥਿੱਤ । ਬਾਰਹ ਸੂਰ—ਬਾਰ੍ਹਾਂ ਸੂਰਜ । ਉਗਵੈ—ਉਗਵੈਂ, ਚੜ੍ਹ ਪੈਂਦੇ ਹਨ । ਅਹਿ—ਦਿਨ । ਨਿਸਿ—ਰਾਤ । ਬਾਜੇ—ਵੱਜਦੇ ਹਨ । ਅਨਹਦ—ਬਿਨਾ ਵਜਾਇਆਂ, ਇੱਕ-ਰਸ, ਸਦਾ । ਤੂਰ—ਵਾਜੇ । ਤਿਹੂੰ ਲੋਕ ਕਾ—ਤਿੰਨਾਂ ਹੀ ਭਵਨਾਂ ਦਾ । ਪੀਉ—ਮਾਲਕ । ਤੇ—ਤੋਂ । ਸੀਉ—ਸ਼ਿਵ, ਕਲਿਆਣ-ਸਰੂਪ ਪਰਮਾਤਮਾ ।

ਅਰਥ:- (ਜਿਸ ਮਨੁੱਖ ਦਾ ਮਨ ਸਿਰਫ਼ "ਏਕ ਦਿਸ ਧਾਵੈ", ਜੋ ਮਨੁੱਖ ਸਿਰਫ਼ ਇੱਕ ਪ੍ਰਭੂ ਦੀ ਯਾਦ ਵਿਚ ਜੁੜਦਾ ਹੈ, ਉਸ ਦੇ ਅੰਦਰ, ਮਾਨੋ) ਬਾਰ੍ਹਾਂ ਸੂਰਜ ਚੜ੍ਹ ਪੈਂਦੇ ਹਨ (ਭਾਵ, ਉਸ ਦੇ ਅੰਦਰ ਪੂਰਨ ਗਿਆਨ ਦਾ ਪ੍ਰਕਾਸ਼ ਹੋ ਜਾਂਦਾ ਹੈ), ਉਸ ਦੇ ਅੰਦਰ (ਮਾਨੋ) ਦਿਨ ਰਾਤ ਇੱਕ-ਰਸ ਵਾਜੇ ਵੱਜਦੇ ਹਨ, ਉਸ ਨੂੰ ਤਿੰਨਾਂ ਭਵਨਾਂ ਦੇ ਮਾਲਕ-ਪ੍ਰਭੂ ਦਾ ਦੀਦਾਰ ਹੋ ਜਾਂਦਾ ਹੈ; ਇਕ ਅਚਰਜ ਖੇਡ ਬਣ ਜਾਂਦੀ ਹੈ ਕਿ ਉਹ ਮਨੁੱਖ ਸਧਾਰਨ ਬੰਦੇ ਤੋਂ ਕਲਿਆਣ-ਸਰੂਪ ਪਰਮਾਤਮਾ ਦਾ ਰੂਪ ਹੋ ਜਾਂਦਾ ਹੈ ।੧੩।

ਤੇਰਸਿ ਤੇਰਹ ਅਗਮ ਬਖਾਨਿ ॥ ਅਰਧ ਉਰਧ ਬਿਚਿ ਸਮ ਪਹਿਚਾਨਿ ॥ ਨੀਚ ਊਚ ਨਹੀ ਮਾਨ ਅਮਾਨ ॥ ਬਿਆਪਿਕ ਰਾਮ ਸਗਲ ਸਾਮਾਨ ॥੧੪॥ {ਪੰਨਾ 344}

ਪਦਅਰਥ:- ਤੇਰਸਿ—ਤ੍ਰਯੋਦਸ਼ੀ । ਤੇਰਹ—ਤ੍ਰਯੋਦਸ਼ੀ ਥਿੱਤ, ਮੱਸਿਆ ਤੋਂ ਅਗਾਂਹ ਤੇਰ੍ਹਵਾਂ ਦਿਨ । ਅਗਮ—ਅ-ਗਮ, ਜਿਸ ਪਰਮਾਤਮਾ ਤਕ ਪਹੁੰਚ ਨਹੀਂ, ਅਪਹੁੰਚ । ਬਖਾਨਿ—ਬਖਾਣੇ, ਬਖਾਣੈ, ਉਚਾਰਦਾ ਹੈ, ਗੁਣ ਗਾਉਂਦਾ ਹੈ, ਸਿਫ਼ਤਿ-ਸਾਲਾਹ ਕਰਦਾ ਹੈ । ਅਰਧ—{ਅਧਹ} ਹੇਠਾਂ, ਪਤਾਲ । ਉਰਧ—ਉਤਾਂਹ, ਅਕਾਸ਼ । ਅਰਧ ਉਰਧ ਬਿਚਿ—ਪਤਾਲ ਤੋਂ ਅਕਾਸ਼ ਤਕ, ਸਾਰੇ ਸੰਸਾਰ ਵਿਚ । ਸਮ—ਬਰਾਬਰ, ਇਕੋ ਜਿਹਾ । ਮਾਨ—ਆਦਰ । ਅਮਾਨ—ਅ-ਮਾਨ, ਨਿਰਾਦਰੀ । ਸਗਲ—ਸਾਰਿਆਂ ਵਿਚ ।

ਅਰਥ:- (ਜਿਸ ਮਨੁੱਖ ਦਾ ਮਨ ਕੇਵਲ "ਏਕ ਦਿਸ ਧਾਵੈ") ਉਹ ਅਗੰਮ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹੈ, (ਇਸ ਸਿਫ਼ਤਿ-ਸਾਲਾਹ ਦੀ ਬਰਕਤ ਨਾਲ) ਉਹ ਸਾਰੇ ਸੰਸਾਰ ਵਿਚ ਉਸ ਪ੍ਰਭੂ ਨੂੰ ਇਕ-ਸਮਾਨ ਪਛਾਣਦਾ ਹੈ (ਵੇਖਦਾ ਹੈ) । ਨਾਹ ਉਸ ਨੂੰ ਕੋਈ ਨੀਵਾਂ ਦਿੱਸਦਾ ਹੈ, ਨਾਹ ਉੱਚਾ; ਕਿਸੇ ਵਲੋਂ ਆਦਰ ਹੋਵੇ ਜਾਂ ਨਿਰਾਦਰੀ, ਉਸ ਲਈ ਇੱਕੋ ਜਿਹੇ ਹਨ, ਕਿਉਂਕਿ ਉਸ ਨੂੰ ਸਾਰੇ ਜੀਵਾਂ ਵਿਚ ਪਰਮਾਤਮਾ ਹੀ ਵਿਆਪਕ ਦਿੱਸਦਾ ਹੈ ।੧੪।

ਚਉਦਸਿ ਚਉਦਹ ਲੋਕ ਮਝਾਰਿ ॥ ਰੋਮ ਰੋਮ ਮਹਿ ਬਸਹਿ ਮੁਰਾਰਿ ॥ ਸਤ ਸੰਤੋਖ ਕਾ ਧਰਹੁ ਧਿਆਨ ॥ ਕਥਨੀ ਕਥੀਐ ਬ੍ਰਹਮ ਗਿਆਨ ॥੧੫॥ {ਪੰਨਾ 344}

ਪਦਅਰਥ:- ਚਉਦਸਿ—ਚਉਦੇਂ ਦੀ ਥਿੱਤ, ਮੱਸਿਆ ਤੋਂ ਪਿਛੋਂ ਚੌਧਵੀਂ ਰਾਤ । ਚਉਦਹ ਲੋਕ—ਸੱਤ ਅਕਾਸ਼ ਅਤੇ ਸੱਤ ਪਤਾਲ; (ਭਾਵ) ਸਾਰੀ ਸ੍ਰਿਸ਼ਟੀ । ਮਝਾਰਿ—ਵਿਚ । ਰੋਮ ਰੋਮ ਮਹਿ—ਚੌਦ੍ਹਾਂ ਲੋਕਾਂ ਦੇ ਰੋਮ ਰੋਮ ਵਿਚ, ਸਾਰੀ ਸ੍ਰਿਸ਼ਟੀ ਦੇ ਜ਼ੱਰੇ ਜ਼ੱਰੇ ਵਿਚ । ਬਸਹਿ—ਵੱਸਦੇ ਹਨ (ਪ੍ਰਭੂ ਜੀ) । ਮੁਰਾਰਿ—(ਮੁਰ-ਅਰਿ) ਮੁਰ ਦੈਂਤ ਦਾ ਵੈਰੀ, ਪ੍ਰਭੂ । ਕਥਨੀ ਕਥੀਐ—(ਉਹ) ਗੱਲਾਂ ਕਰੀਏ, (ਉਹ) ਬੋਲ ਬੋਲੀਏ । ਬ੍ਰਹਮ ਗਿਆਨ—

(ਜਿਨ੍ਹਾਂ ਦੀ ਰਾਹੀਂ) ਪਰਮਾਤਮਾ ਨਾਲ ਜਾਣ-ਪਛਾਣ ਹੋ ਜਾਏ, ਪਰਮਾਤਮਾ ਦੀ (ਸਰਬ-ਵਿਆਪਕਤਾ ਦੀ) ਸੂਝ ਪੈਦਾ ਹੋਵੇ । ਸਤ—ਦਾਨ, ਦੂਜਿਆਂ ਦੀ ਸੇਵਾ । ਸੰਤੋਖ—ਸਬਰ, ਉਸ ਦੀ ਬਖ਼ਸ਼ੀ ਦਾਤ ਵਿਚ ਰਾਜ਼ੀ ਰਹਿਣਾ । ਸਤ...ਧਿਆਨ—ਸਤ ਅਤੇ ਸੰਤੋਖ ਨੂੰ ਆਪਣੇ ਅੰਦਰ ਟਿਕਾਉ; ਇਹ ਵੇਖ ਕੇ ਕਿ ਪਰਮਾਤਮਾ ਹਰੇਕ ਘਟ ਵਿਚ ਵੱਸਦਾ ਹੈ । ਜੋ ਬਖ਼ਸ਼ਸ਼ ਤੁਹਾਡੇ ਉੱਤੇ ਹੋਈ ਹੈ ਉਸ ਵਿਚ ਰਾਜ਼ੀ ਰਹੋ ਅਤੇ ਇਸ ਦਾਤ ਵਿਚੋਂ ਪ੍ਰਭੂ ਦੇ ਪੈਦਾ ਕੀਤੇ ਹੋਏ ਹੋਰ ਜੀਵਾਂ ਦੀ ਭੀ ਸੇਵਾ ਕਰੋ, ਕਿਉਂਕਿ ਸਭ ਵਿਚ ਉਹੀ ਵੱਸ ਰਿਹਾ ਹੈ, ਜੋ ਤੁਹਾਨੂੰ ਰੋਜ਼ੀ ਦੇ ਰਿਹਾ ਹੈ ।

ਅਰਥ:- (ਹੇ ਭਾਈ!) ਪ੍ਰਭੂ ਜੀ ਸਾਰੀ ਸ੍ਰਿਸ਼ਟੀ ਵਿਚ ਸ੍ਰਿਸ਼ਟੀ ਦੇ ਜ਼ੱਰੇ ਜ਼ੱਰੇ ਵਿਚ ਵੱਸ ਰਹੇ ਹਨ । ਉਸ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਕਰੋ, ਤਾ ਕਿ ਉਸ ਦੇ ਇਸ ਸਹੀ ਸਰੂਪ ਦੀ ਸੂਝ ਬਣੀ ਰਹੇ । (ਇਹ ਯਕੀਨ ਲਿਆ ਕੇ ਕਿ ਉਹ ਪ੍ਰਭੂ ਤੁਹਾਡੇ ਅੰਦਰ ਵੱਸ ਰਿਹਾ ਹੈ ਤੇ ਸਭ ਜੀਵਾਂ ਵਿਚ ਵੱਸ ਰਿਹਾ ਹੈ) ਦੂਜਿਆਂ ਦੀ ਸੇਵਾ ਦੀ ਅਤੇ ਜੋ ਕੁਝ ਪ੍ਰਭੂ ਨੇ ਤੁਹਾਨੂੰ ਦਿੱਤਾ ਹੈ, ਉਸ ਵਿਚ ਰਾਜ਼ੀ ਰਹਿਣ ਦੀ ਸੁਰਤ ਪਕਾਉ ।੧੫।

ਪੂਨਿਉ ਪੂਰਾ ਚੰਦ ਅਕਾਸ ॥ ਪਸਰਹਿ ਕਲਾ ਸਹਜ ਪਰਗਾਸ ॥ ਆਦਿ ਅੰਤਿ ਮਧਿ ਹੋਇ ਰਹਿਆ ਥੀਰ ॥ ਸੁਖ ਸਾਗਰ ਮਹਿ ਰਮਹਿ ਕਬੀਰ ॥੧੬॥ {ਪੰਨਾ 344}

ਪਦਅਰਥ:- ਪੂਨਿਉ—ਪੂੰਨਿਆ, ਪੂਰਨਮਾਸ਼ੀ, ਉਹ ਥਿੱਤ ਜਦੋਂ ਚੰਦ ਮੁਕੰਮਲ ਹੁੰਦਾ ਹੈ । ਅਕਾਸ—ਗਗਨ, ਦਸਮ-ਦੁਆਰ, ਚਿਦਾਕਾਸ਼, ਚਿੱਤ-ਰੂਪ ਅਕਾਸ਼ । ਪਸਰਹਿ—ਖਿਲਰਦੀਆਂ ਹਨ । ਕਲਾ—ਚੰਦ ਦੀਆਂ ਸਾਰੀਆਂ ਕਲਾਂ {ਨੋਟ:- ਮੱਸਿਆ ਤੋਂ ਪਿੱਛੋਂ ਚੰਦ ਜਦੋਂ ਪਹਿਲੀ ਵਾਰ ਆਕਾਸ਼ ਵਿਚ ਚੜ੍ਹਦਾ ਹੈ, ਤਾਂ ਇਹ ਚੰਦ ਦੀ ਇੱਕ ਕਲਾ ਕਹੀ ਜਾਂਦੀ ਹੈ । ਹਰੇਕ ਰਾਤ ਨੂੰ ਇਕ ਇਕ ਕਲਾ ਵਧਦੀ ਜਾਂਦੀ ਹੈ, ਤੇ ਪੂਰਨਮਾਸ਼ੀ ਨੂੰ ਚੰਦ ਦੀਆਂ ਕਲਾਂ ਦਾ ਪਰਕਾਸ਼ ਹੋ ਜਾਂਦਾ ਹੈ} । ਆਦਿ ਅੰਤਿ ਮਧਿ—ਸ਼ੁਰੂ ਤੋਂ, ਅਖ਼ੀਰ ਤਕ, ਵਿਚਾਰਕਲੇ ਸਮੇ ਵਿਚ ਭੀ (ਭਾਵ, ਸਦਾ ਹੀ) । ਥੀਰ—ਥਿਰ, ਕਾਇਮ । ਸੁਖ ਸਾਗਰ—ਸੁੱਖਾਂ ਦਾ ਸਮੁੰਦਰ-ਪ੍ਰਭੂ । ਰਮਹਿ—(ਜੇ) ਤੂੰ ਸਿਮਰੇਂ । ਕਬੀਰ—ਹੇ ਕਬੀਰ!

ਅਰਥ:- ਜੋ ਪਰਮਾਤਮਾ ਸ੍ਰਿਸ਼ਟੀ ਦੇ ਸ਼ੁਰੂ ਤੋਂ ਅਖ਼ੀਰ ਤਕ ਤੇ ਵਿਚਕਾਰਲੇ ਸਮੇ ਵਿਚ (ਭਾਵ, ਸਦਾ ਹੀ) ਮੌਜੂਦ ਹੈ, ਉਸ ਸੁਖਾਂ ਦੇ ਸਮੁੰਦਰ-ਪ੍ਰਭੂ ਵਿਚ, ਹੇ ਕਬੀਰ! ਜੇ ਤੂੰ ਚੁੱਭੀ ਲਾ ਕੇ ਉਸ ਦਾ ਸਿਮਰਨ ਕਰੇਂ, ਤਾਂ ਜਿਵੇਂ ਪੂਰਨਮਾਸ਼ੀ ਨੂੰ ਅਕਾਸ਼ ਵਿਚ ਪੂਰਾ ਚੰਦ ਚੜ੍ਹਦਾ ਹੈ ਤੇ ਚੰਦ ਦੀਆਂ ਸਾਰੀਆਂ ਹੀ ਕਲਾਂ ਪਰਗਟ ਹੁੰਦੀਆਂ ਹਨ ਤਿਵੇਂ ਤੇਰੇ ਅੰਦਰ ਭੀ ਸਹਿਜ ਅਵਸਥਾ ਦਾ ਪਰਕਾਸ਼ ਹੋਵੇਗਾ ।੧੬।

ੴ ਸਤਿਗੁਰ ਪ੍ਰਸਾਦਿ ॥ ਰਾਗੁ ਗਉੜੀ ਵਾਰ ਕਬੀਰ ਜੀਉ ਕੇ ੭ ॥ ਬਾਰ ਬਾਰ ਹਰਿ ਕੇ ਗੁਨ ਗਾਵਉ ॥ ਗੁਰ ਗਮਿ ਭੇਦੁ ਸੁ ਹਰਿ ਕਾ ਪਾਵਉ ॥੧॥ ਰਹਾਉ ॥ {ਪੰਨਾ 344}

ਵਾਰ—ਦਿਨ । ਇਹ ਬਾਣੀ ਦਿਨਾਂ ਦੇ ਨਾਵਾਂ ਤੇ ਹੈ, ਜਿਵੇਂ ਪਿਛਲੀ ਬਾਣੀ ਥਿੱਤਾਂ ਦੇ ਨਾਮ ਵਰਤ ਕੇ ਲਿਖੀ ਗਈ ਹੈ ।

ਬਾਰ ਬਾਰ ਹਰਿ ਕੇ ਗੁਨ ਗਾਵਉ ॥ ਗੁਰ ਗਮਿ ਭੇਦੁ ਸੁ ਹਰਿ ਕਾ ਪਾਵਉ ॥੧॥ ਰਹਾਉ ॥ {ਪੰਨਾ 344}

ਪਦਅਰਥ:- ਬਾਰ ਬਾਰ—ਮੁੜ ਮੁੜ, ਸਦਾ, ਹਰ ਵੇਲੇ । ਗਾਵਉ—ਗਾਵਉਂ, ਮੈਂ ਗਾਉਂਦਾ ਹਾਂ । ਗਮਿ—ਗਮ

ਕੇ, ਜਾ ਕੇ, ਅੱਪੜ ਕੇ । ਗੁਰ ਗਮਿ—ਗੁਰੂ ਪਾਸ ਜਾ ਕੇ, ਗੁਰੂ ਦੇ ਚਰਨਾਂ ਵਿਚ ਅੱਪੜ ਕੇ । ਹਰਿ ਕਾ ਭੇਦੁ—ਪਰਮਾਤਮਾ ਦਾ ਭੇਤ, ਪਰਮਾਤਮਾ ਨੂੰ ਮਿਲਣ ਦਾ ਭੇਤ, ਉਹ ਡੂੰਘਾ ਰਾਜ਼ ਜਿਸ ਨਾਲ ਪਰਮਾਤਮਾ ਮਿਲ ਸਕਦਾ ਹੈ । ਪਾਵਉ—ਪਾਵਉਂ, ਮੈਂ ਲੱਭ ਰਿਹਾ ਹਾਂ, ਮੈਂ ਲੱਭ ਲਿਆ ਹੈ । ਸੁ—ਉਹ । ਸੁ ਭੇਦੁ—ਉਹ ਭੇਤ ।

ਅਰਥ:– ਗੁਰੂ ਦੇ ਚਰਨਾਂ ਵਿਚ ਅੱਪੜ ਕੇ ਮੈਂ ਉਹ ਭੇਤ ਲੱਭ ਲਿਆ ਹੈ ਜਿਸ ਨਾਲ ਪਰਮਾਤਮਾ ਨੂੰ ਮਿਲ ਸਕੀਦਾ ਹੈ (ਤੇ, ਉਹ ਇਹ ਹੈ ਕਿ) ਮੈਂ ਹਰ ਵੇਲੇ ਪਰਮਾਤਮਾ ਦੇ ਗੁਣ ਗਾਉਂਦਾ ਹਾਂ (ਭਾਵ, ਪ੍ਰਭੂ ਦੀ ਸਿਫ਼ਤਿ-ਸਾਲਾਹ ਪ੍ਰਭੂ ਨੂੰ ਮਿਲਣ ਦਾ ਸਹੀ ਤਰੀਕਾ ਹੈ) ।੧।ਰਹਾਉ।

ਨੋਟ:– 'ਰਹਾਉ' ਵਿਚ ਦਿੱਤੇ ਇਸ ਖ਼ਿਆਲ ਦੀ ਵਿਆਖਿਆ ਬਾਕੀ ਦੀ ਬਾਣੀ ਵਿਚ ਕੀਤੀ ਗਈ ਹੈ ।

ਆਦਿਤ ਕਰੈ ਭਗਤਿ ਆਰੰਭ ॥ ਕਾਇਆ ਮੰਦਰ ਮਨਸਾ ਥੰਭ ॥ ਅਹਿਨਿਸਿ ਅਖੰਡ ਸੁਰਹੀ ਜਾਇ ॥ ਤਉ ਅਨਹਦ ਬੇਣੁ ਸਹਜ ਮਹਿ ਬਾਇ ॥੧॥ {ਪੰਨਾ 344}

ਪਦਅਰਥ:– ਆਦਿਤ—{Skt. AwidÄX, ਆਦਿਤਜ} ਸੂਰਜ । ਆਦਿਤ—ਆਇਤ, ਐਤ । ਆਦਿਤ ਵਾਰ— ਐਤਵਾਰ । {ਨੋਟ:– ਇਹ ਦਿਨ ਸੂਰਜ ਦੇ ਨਾਮ ਨਾਲ ਸੰਬੰਧਤ ਹੈ, ਇਹ ਦਿਨ ਸੂਰਜ ਦਾ ਮਿਥਿਆ ਗਿਆ ਹੈ} । ਕਾਇਆ—ਸਰੀਰ । ਮੰਦਰ—ਘਰ । ਮਨਸਾ—ਫੁਰਨੇ । ਥੰਭ—ਥੰਮ੍ਹੀ, ਸਹਾਰਾ । ਅਹਿ—ਦਿਨ । ਨਿਸਿ—ਰਾਤ । ਅਖੰਡ—ਅਟੁੱਟ, ਲਗਾਤਾਰ । ਸੁਰਹੀ—ਸੁਰਭੀ, ਸੁਗੰਧੀ, ਭਗਤੀ ਨਾਲ ਸੁਗੰਧਤ ਹੋਈ ਸੁਰਤ । ਜਾਇ—ਤੁਰੀ ਜਾਂਦੀ ਹੈ, ਜਾਰੀ ਰਹਿੰਦੀ ਹੈ । ਤਉ—ਤਦੋਂ । ਅਨਹਦ—ਇਕ-ਰਸ । ਬੇਣੁ—ਬੀਣਾ, ਬੰਸਰੀ । ਸਹਜ ਮਹਿ—ਸਹਿਜ ਅਵਸਥਾ ਵਿਚ, ਮਨ ਦੀ ਅਡੋਲ ਹਾਲਤ ਵਿਚ । ਬਾਇ—ਵੱਜਦੀ ਹੈ ।

ਅਰਥ:– ('ਬਾਰ ਬਾਰ ਹਰਿ ਕੇ ਗੁਨ' ਗਾ ਕੇ, ਜੋ ਮਨੁੱਖ) ਪਰਮਾਤਮਾ ਦੀ ਭਗਤੀ ਸ਼ੁਰੂ ਕਰਦਾ ਹੈ, ਇਹ ਭਗਤੀ ਉਸ ਦੇ ਸਰੀਰ-ਘਰ ਨੂੰ ਥੰਮ੍ਹੀ ਦਾ ਕੰਮ ਦੇਂਦੀ ਹੈ, ਉਸ ਦੇ ਮਨ ਦੇ ਫੁਰਨਿਆਂ ਨੂੰ ਸਹਾਰਾ ਦੇਂਦੀ ਹੈ (ਭਾਵ, ਉਸ ਦੇ ਗਿਆਨ-ਇੰਦ੍ਰੇ ਅਤੇ ਮਨ ਦੇ ਫੁਰਨੇ ਭਟਕਣੋਂ ਹਟ ਜਾਂਦੇ ਹਨ) । ਭਗਤੀ ਨਾਲ ਸੁਗੰਧਤ ਹੋਈ ਉਸ ਦੀ ਸੁਰਤ ਦਿਨ ਰਾਤ ਲਗਾਤਾਰ (ਪ੍ਰਭੂ-ਚਰਨਾਂ ਵਿਚ) ਜੁੜੀ ਰਹਿੰਦੀ ਹੈ, ਤਦੋਂ ਅਡੋਲਤਾ ਵਿਚ ਟਿਕਣ ਕਰਕੇ ਮਨ ਦੇ ਅੰਦਰ (ਮਾਨੋ) ਇੱਕ-ਰਸ ਬੰਸਰੀ ਵੱਜਦੀ ਹੈ ।੧।

ਸੋਮਵਾਰਿ ਸਸਿ ਅੰਮ੍ਰਿਤੁ ਝਰੈ ॥ ਚਾਖਤ ਬੇਗਿ ਸਗਲ ਬਿਖ ਹਰੈ ॥ ਬਾਣੀ ਰੋਕਿਆ ਰਹੈ ਦੁਆਰ ॥ ਤਉ ਮਨੁ ਮਤਵਾਰੋ ਪੀਵਨਹਾਰ ॥੨॥ {ਪੰਨਾ 344}

ਪਦਅਰਥ:– ਸੋਮ—ਚੰਦ੍ਰਮਾ । ਸੋਮਵਾਰ—ਚੰਦ ਨਾਲ ਸੰਬੰਧ ਰੱਖਣ ਵਾਲਾ ਦਿਨ । ਸੋਮਵਾਰਿ—ਸੋਮ ਦੇ ਦਿਹਾੜੇ । ਸਸਿ—ਚੰਦ, ਚੰਦ ਦੀ ਠੰਢ । ਸਸਿ ਅੰਮ੍ਰਿਤੁ—ਸ਼ਾਂਤੀ ਦਾ ਅੰਮ੍ਰਿਤ । ਝਰੈ—ਵਰ੍ਹਦਾ ਹੈ । ਚਾਖਤ—ਚੱਖਦਿਆਂ । ਬੇਗਿ—ਤੁਰਤ, ਛੇਤੀ । ਸਗਲ—ਸਾਰੇ । ਬਿਖੁ—ਜ਼ਹਿਰ, ਵਿਕਾਰ । ਹਰੈ—ਦੂਰ ਕਰ ਦੇਂਦਾ ਹੈ । ਰਹੈ ਦੁਆਰਿ—ਪ੍ਰਭੂ ਦੇ ਦਰ ਤੇ ਟਿਕਿਆ ਰਹਿੰਦਾ ਹੈ । ਮਤਵਾਰੋ—ਮਤਵਾਲਾ, ਮਸਤ ।

ਅਰਥ:– ('ਬਾਰ ਬਾਰ ਹਰਿ ਕੇ ਗੁਨ' ਗਾਵਣ ਨਾਲ ਮਨੁੱਖ ਦੇ ਮਨ ਵਿਚ) ਸ਼ਾਂਤੀ ਠੰਢ ਦਾ ਅੰਮ੍ਰਿਤ ਵਰ੍ਹਦਾ ਹੈ, (ਇਹ ਅੰਮ੍ਰਿਤ) ਚੱਖਣ ਨਾਲ ਮਨ ਤੁਰਤ ਸਾਰੇ ਵਿਕਾਰ ਦੂਰ ਕਰ ਦੇਂਦਾ ਹੈ, ਸਤਿਗੁਰੂ ਦੀ ਬਾਣੀ ਦੀ ਬਰਕਤ ਨਾਲ (ਮਨੁੱਖ ਦਾ ਵਿਕਾਰਾਂ ਵਲੋਂ) ਰੋਕਿਆ ਹੋਇਆ ਮਨ ਪ੍ਰਭੂ ਦੇ ਦਰ ਤੇ ਟਿਕਿਆ ਰਹਿੰਦਾ ਹੈ ਅਤੇ ਮਸਤ ਹੋਇਆ ਮਨ ਉਸ ਅੰਮ੍ਰਿਤ ਨੂੰ ਪੀਂਦਾ ਰਹਿੰਦਾ ਹੈ ।੨।

ਮੰਗਲਵਾਰੇ ਲੇ ਮਾਹੀਤਿ ॥ ਪੰਚ ਚੋਰ ਕੀ ਜਾਣੈ ਰੀਤਿ ॥ ਘਰ ਛੋਡੇਂ ਬਾਹਰਿ ਜਿਨਿ ਜਾਇ ॥ ਨਾਤਰੁ ਖਰਾ ਰਿਸੈ ਹੈ ਰਾਇ ॥੩॥ {ਪੰਨਾ 344}

ਪਦਅਰਥ:- ਮੰਗਲ—{mg। The planet Mars} ਮੰਗਲ ਤਾਰਾ । ਮੰਗਲਵਾਰ—ਮੰਗਲ ਤਾਰੇ ਨਾਲ ਸੰਬੰਧ ਰੱਖਣ ਵਾਲਾ ਦਿਨ । ਲੇ—ਲੈਂਦਾ ਹੈ । ਮਾਹੀਤਿ—ਮੁਹੀਤ, ਘੇਰਾ, ਕਿਲ੍ਹਾ । ਜਾਣੈ—ਜਾਣ ਲੈਂਦਾ ਹੈ । ਰੀਤਿ—ਤਰੀਕਾ, ਢੰਗ । ਜਿਨਿ ਛੋਡੇਂ—ਮਤਾਂ ਛੱਡੇਂ, ਨਾਹ ਛੱਡੀਂ । ਜਿਨਿ ਜਾਏ—ਮਤਾਂ ਜਾਏਂ, ਨਾਹ ਜਾਈਂ । ਘਰ—ਹਿਰਦਾ-ਘਰ ਜਿਸ ਦੇ ਦੁਆਲੇ ਕਿਲ੍ਹਾ ਬਣ ਚੁਕਾ ਹੈ । ਨਾਤਰੁ—ਨਹੀਂ ਤਾਂ, ਜੇ ਤੂੰ ਬਾਹਰ ਚਲਾ ਗਿਆ । ਰਿਸੈ ਹੈ—ਖਿੱਝ ਜਾਏਗਾ । ਰਿਸ—{Skt. ir– to be injured, to meet with a misfortune} ਬਿਪਤਾ ਵਿਚ ਪੈ ਜਾਣਾ, ਦੁਖੀ ਹੋਣਾ । ਰਾਇ—ਰਾਜਾ, ਮਨ-ਰਾਜਾ ।

ਅਰਥ:- ('ਬਾਰ ਬਾਰ ਹਰਿ ਕੇ ਗੁਨ' ਗਾ ਕੇ) ਮਨੁੱਖ ਆਪਣੇ ਮਨ ਦੇ ਦੁਆਲੇ ਸਿਫ਼ਤਿ-ਸਾਲਾਹ ਦਾ, ਮਾਨੋ, ਕਿਲ੍ਹਾ ਬਣਾ ਲੈਂਦਾ ਹੈ, ਕਾਮਾਦਿਕ ਪੰਜ ਚੋਰਾਂ ਦਾ (ਹੱਲਾ ਕਰਨ ਦਾ) ਢੰਗ ਸਮਝ ਲੈਂਦਾ ਹੈ (ਇਸ ਤਰ੍ਹਾਂ ਉਹਨਾਂ ਦਾ ਵਾਰ ਹੋਣ ਨਹੀਂ ਦੇਂਦਾ) । (ਹੇ ਭਾਈ!) ਤੂੰ ਭੀ (ਐਸੇ) ਕਿਲ੍ਹੇ ਨੂੰ ਛੱਡ ਕੇ ਬਾਹਰ ਨਾਹ ਜਾਈਂ (ਭਾਵ, ਆਪਣੇ ਮਨ ਨੂੰ ਬਾਹਰ ਭਟਕਣ ਨ ਦੇਈਂ), ਨਹੀਂ ਤਾਂ ਇਹ ਮਨ (ਵਿਕਾਰਾਂ ਵਿਚ ਪੈ ਕੇ) ਬੜਾ ਦੁਖੀ ਹੋਵੇਗਾ ।੩।

ਬੁਧਵਾਰਿ ਬੁਧਿ ਕਰੈ ਪ੍ਰਗਾਸ ॥ ਹਿਰਦੈ ਕਮਲ ਮਹਿ ਹਰਿ ਕਾ ਬਾਸ ॥ ਗੁਰ ਮਿਲਿ ਦੋਊ ਏਕ ਸਮ ਧਰੈ ॥ ਉਰਧ ਪੰਕ ਲੈ ਸੂਧਾ ਕਰੈ ॥੪॥ {ਪੰਨਾ 344}

ਪਦਅਰਥ:- ਬੁਧਿ—ਅਕਲ । ਪ੍ਰਗਾਸੁ—ਚਾਨਣ । ਬਾਸੁ—ਨਿਵਾਸ । ਗੁਰ ਮਿਲਿ—ਗੁਰੂ ਨੂੰ ਮਿਲ ਕੇ । ਦੋਊ—ਦੋਵੇਂ, ਹਿਰਦਾ ਤੇ ਪਰਮਾਤਮਾ । ਏਕ ਸਮ—ਇਕੱਠੇ । ਉਰਧ—(ਮਾਇਆ ਵਲ) ਉਲਟਿਆ ਹੋਇਆ, ਪਰਤਿਆ ਹੋਇਆ । ਪੰਕ—ਪੰਕਜ, ਹਿਰਦਾ-ਕਮਲ । ਸੂਧਾ—ਸਿੱਧਾ, ਪਰਮਾਤਮਾ ਵਲ ਸਨਮੁਖ । ਲੈ—ਵੱਸ ਵਿਚ ਕਰ ਕੇ ।

ਅਰਥ:- ('ਬਾਰ ਬਾਰ ਹਰਿ ਕੇ ਗੁਨ' ਗਾ ਕੇ, ਮਨੁੱਖ ਆਪਣੀ) ਸੂਝ ਵਿਚ ਪ੍ਰਭੂ ਦੇ ਨਾਮ ਦਾ ਚਾਨਣ ਪੈਦਾ ਕਰ ਲੈਂਦਾ ਹੈ, ਹਿਰਦੇ-ਕਮਲ ਵਿਚ ਪਰਮਾਤਮਾ ਦਾ ਨਿਵਾਸ ਬਣਾ ਲੈਂਦਾ ਹੈ; ਸਤਿਗੁਰੂ ਨੂੰ ਮਿਲ ਕੇ ਆਤਮਾ ਤੇ ਪਰਮਾਤਮਾ ਦੀ ਸਾਂਝ ਬਣਾ ਦੇਂਦਾ ਹੈ, (ਪਹਿਲਾਂ ਮਾਇਆ ਵਲ) ਪਰਤੇ ਮਨ ਨੂੰ ਵੱਸ ਵਿਚ ਕਰ ਕੇ ਪ੍ਰਭੂ ਦੇ ਸਨਮੁਖ ਕਰ ਦੇਂਦਾ ਹੈ ।੪।

ਬ੍ਰਿਹਸਪਤਿ ਬਿਖਿਆ ਦੇਇ ਬਹਾਇ ॥ ਤੀਨਿ ਦੇਵ ਏਕ ਸੰਗਿ ਲਾਇ ॥ ਤੀਨਿ ਨਦੀ ਤਹ ਤ੍ਰਿਕੁਟੀ ਮਾਹਿ ॥ ਅਹਿਨਿਸਿ ਕਸਮਲ ਧੋਵਹਿ ਨਾਹਿ ॥੫॥ {ਪੰਨਾ 344}

ਪਦਅਰਥ:- ਬ੍ਰਿਹਸਪਤਿ—{The planet jupiter} ਇਕ ਤਾਰੇ ਦਾ ਨਾਮ ਹੈ । ਬ੍ਰਿਹਸਪਤਿ ਵਾਰ—ਵੀਰਵਾਰ । ਬਿਖਿਆ—ਮਾਇਆ । ਦੇਇ ਬਹਾਇ—ਬਹਾਇ ਦੇਇ, ਰੋੜ੍ਹ ਦੇਂਦਾ ਹੈ । ਤੀਨਿ ਦੇਵ—ਬਿਖਿਆ ਦੇ ਤਿੰਨੇ ਦੇਵਤੇ, ਮਾਇਆ ਦੇ ਤਿੰਨ ਗੁਣ । ਏਕ ਸੰਗਿ—ਇੱਕ ਦੀ ਸੰਗਤ ਵਿਚ । ਲਾਇ—ਜੋੜ ਦੇਂਦਾ ਹੈ, ਲੀਨ ਕਰ ਦੇਂਦਾ ਹੈ ।

ਤੀਨਿ ਨਦੀ—ਮਾਇਆ ਦੇ ਤਿੰਨ ਗੁਣਾਂ ਦੀਆਂ ਨਦੀਆਂ । ਤ੍ਰਿਕੁਟੀ—{ਤ੍ਰਿ-ਕੁਟੀ । ਤ੍ਰਿ—ਤਿੰਨ । ਕੁਟੀ—

ਵਿੰਗੀ ਲਕੀਰ} ਤ੍ਰਿਉੜੀ, ਤਿੰਨ ਵਿੰਗੀਆਂ ਲਕੀਰਾਂ, ਮੱਥੇ ਦੀ ਤਿਉੜੀ ਜੋ ਹਿਰਦੇ ਵਿਚ ਖਿੱਝ ਪੈਦਾ ਹੋਇਆਂ ਮੱਥੇ ਉੱਤੇ ਪੈ ਜਾਂਦੀ ਹੈ, ਖਿੱਝ । ਅਹਿਨਿਸਿ—ਦਿਨ ਰਾਤ । ਕਸਮਲ—ਪਾਪ । ਧੋਵਹਿ ਨਾਹਿ—ਨਹੀਂ ਧੋਂਦੇ । {ਨੋਟ:- ਕਈ ਟੀਕਾਕਾਰ ਸੱਜਣ ਲਫ਼ਜ਼ 'ਨਾਹਿ' ਦਾ ਅਰਥ ਕਰਦੇ ਹਨ, 'ਨ੍ਹਾ ਕੇ, ਇਸ਼ਨਾਨ ਕਰ ਕੇ' । ਪਰ ਇਹ ਬਿਲਕੁਲ ਗ਼ਲਤ ਹੈ, ਲਫ਼ਜ਼ 'ਨਾਹਿ' ਦਾ ਅਰਥ ਸਦਾ 'ਨਹੀਂ' ਹੀ ਹੁੰਦਾ ਹੈ ।}

ਅਰਥ:- ('ਬਾਰ ਬਾਰ ਹਰਿ ਕੇ ਗੁਨ' ਗਾ ਕੇ, ਮਨੁੱਖ) ਮਾਇਆ (ਦੇ ਪ੍ਰਭਾਵ) ਨੂੰ (ਸਿਫ਼ਤਿ-ਸਾਲਾਹ ਦੇ ਪ੍ਰਵਾਹ ਵਿਚ) ਰੋੜ੍ਹ ਦੇਂਦਾ ਹੈ, ਮਾਇਆ ਦੇ ਤਿੰਨੇ ਹੀ (ਬਲੀ) ਗੁਣਾਂ ਨੂੰ ਇੱਕ ਪ੍ਰਭੂ (ਦੀ ਯਾਦ) ਵਿਚ ਲੀਨ ਕਰ ਦੇਂਦਾ ਹੈ ।

(ਜੋ ਲੋਕ ਸਿਫ਼ਤਿ-ਸਾਲਾਹ ਛੱਡ ਕੇ ਮਾਇਆ ਦੀ) ਖਿੱਝ ਵਿਚ ਰਹਿੰਦੇ ਹਨ, ਉਹ ਮਾਇਆ ਦੀਆਂ ਤ੍ਰਿ-ਗੁਣੀ ਨਦੀਆਂ ਵਿਚ ਹੀ (ਗੋਤੇ ਖਾਂਦੇ) ਹਨ, ਦਿਨ ਰਾਤ ਮੰਦ-ਕਰਮ (ਕਰਦੇ ਹਨ, ਸਿਫ਼ਤਿ-ਸਾਲਾਹ ਤੋਂ ਵਾਂਜੇ ਰਹਿਣ ਕਰਕੇ ਉਹਨਾਂ ਨੂੰ) ਧੋਂਦੇ ਨਹੀਂ ਹਨ ।੫।

ਨੋਟ:- 'ਰਹਾਉ' ਦੀਆਂ ਤੁਕਾਂ ਵਿਚ ਕਬੀਰ ਜੀ ਨੇ ਲਿਖਿਆ ਹੈ ਕਿ ਪ੍ਰਭੂ ਨੂੰ ਮਿਲਣ ਵਾਸਤੇ ਭੇਤ ਦੀ ਗੱਲ ਬੱਸ ਇਕੋ ਹੀ ਹੈ—ਮੁੜ ਮੁੜ ਪ੍ਰਭੂ ਦੇ ਗੁਣ ਗਾਉਣੇ । ਸਾਰੀ ਬਾਣੀ ਵਿਚ ਇਸੇ ਹੀ ਖ਼ਿਆਲ ਦੀ ਵਿਆਖਿਆ ਹੈ । ਲਫ਼ਜ਼ 'ਤ੍ਰਿਕੁਟੀ' ਵੇਖ ਕੇ ਤੁਰਤ ਇਹ ਆਖ ਦੇਣਾ, ਕਿ ਕਬੀਰ ਜੀ ਇੱਥੇ ਇੜਾ ਪਿੰਗਲਾ ਸੁਖਮਨਾ ਦੇ ਅੱਭਿਆਸ ਦੀ ਸਿਫ਼ਾਰਸ਼ ਕਰ ਰਹੇ ਹਨ, ਭਾਰੀ ਭੁੱਲ ਹੈ । ਕਬੀਰ ਜੀ ਕਦੇ ਭੀ ਜੋਗਾਭਿਆਸੀ ਜਾਂ ਪ੍ਰਾਣਾਯਾਮੀ ਨਹੀਂ ਰਹੇ, ਨਾਹ ਹੀ ਉਹ ਇਸ ਰਸਤੇ ਨੂੰ ਸਹੀ ਮੰਨਦੇ ਹਨ । ਅਸਾਂ ਕਬੀਰ ਜੀ ਨੂੰ ਉਹਨਾਂ ਦੀ ਬਾਣੀ ਵਿਚੋਂ ਵੇਖਣਾ ਹੈ, ਲੋਕਾਂ ਦੀਆਂ ਘੜੀਆਂ ਕਹਾਣੀਆਂ ਤੋਂ ਨਹੀਂ । {ਪੜ੍ਹੋ ਮੇਰਾ ਮਜ਼ਮੂਨ 'ਕੀ ਕਬੀਰ ਜੀ ਕਦੇ ਜੋਗ-ਅੱਭਿਆਸੀ ਜਾਂ ਪ੍ਰਾਣਾਯਾਮੀ ਭੀ ਰਹੇ ਹਨ'?}

ਸੁਕ੍ਰਿਤੁ ਸਹਾਰੈ ਸੁ ਇਹ ਬ੍ਰਿਤਿ ਚੜੈ ॥ ਅਨਦਿਨ ਆਪਿ ਆਪ ਸਿਉ ਲੜੈ ॥ ਸੁਰਖੀ ਪਾਂਚਉ ਰਾਖੈ ਸਬੈ ॥ ਤਉ ਦੂਜੀ ਦ੍ਰਿਸਟਿ ਨ ਪੈਸੈ ਕਬੈ ॥੬॥ {ਪੰਨਾ 344}

ਨੋਟ:- ਹੁਣ ਤਕ ਅਸੀ ਵੇਖਦੇ ਆਏ ਹਾਂ ਕਿ ਹਰੇਕ 'ਵਾਰ' ਦੇ ਨਾਮ ਦਾ ਪਹਿਲਾ ਅੱਖਰ ਵਰਤ ਕੇ ਹਰੇਕ ਪਉੜੀ ਲਿਖੀ ਹੈ; ਜਿਵੇਂ:

ਆਦਿਤ . . . ਤੋਂ . . . ਆਰੰਭ
ਸੋਮ . . . . . ਤੋਂ . . . ਸਸਿ
ਮੰਗਲ . . . . ਤੋਂ . . . ਮਾਹੀਤਿ
ਬੁਧ . . . . . ਤੋਂ . . . ਬੁਧਿ
ਬ੍ਰਿਹਸਪਤਿ . . ਤੋਂ . . .ਬਿਖਿਆ
ਥਾਵਰ . . . . ਤੋਂ . . . ਥਿਰੁ

ਪਰ ਇਸ ਪਉੜੀ ਨੰ: ੬ ਵਿਚ ਲਫ਼ਜ਼ 'ਸੁਕ੍ਰਵਾਰ' ਨਹੀਂ ਵਰਤਿਆ, ਇਸ ਦੇ ਪਹਿਲੇ ਅੱਖਰ ਨਾਲ ਮੇਲ ਖਾਣ ਵਾਲਾ ਸ਼ਬਦ 'ਸੁਕ੍ਰਿਤੁ' ਵਰਤ ਦਿੱਤਾ ਹੈ ।

ਸੁਕ੍ਰਿਤੁ—ਭਲਾ ਕੰਮ, ('ਬਾਰ ਬਾਰ ਹਰਿ ਕੇ ਗੁਨ' ਗਾਵਣ ਦਾ) ਸ਼ੁਭ ਕੰਮ । ਸਹਾਰੈ—ਸਹਾਰਾ ਬਣਾ ਲੈਂਦਾ ਹੈ, ਆਪਣੇ ਜੀਵਨ ਦਾ ਆਸਰਾ ਬਣਾਉਂਦਾ ਹੈ । ਬ੍ਰਤ—{Skt. vrq—a vow, mode of life} ਔਖੀ ਜੀਵਨ-ਜੁਗਤ ਦਾ ਪ੍ਰਣ, ਜੀਵਨ-ਜੁਗਤ-ਰੂਪ ਔਖੀ ਘਾਟੀ । ਬ੍ਰਿਤਿ—ਔਖੀ ਜੀਵਨ-ਜੁਗਤ ਦੇ ਪ੍ਰਣ ਉੱਤੇ,

ਜੀਵਨ-ਜੁਗਤ-ਰੂਪ ਔਖੀ ਘਾਟੀ ਉੱਤੇ । ਨੋਟ:- ਮਨ ਨੂੰ ਵਿਕਾਰਾਂ ਵਲੋਂ ਰੋਕ ਕੇ ਪ੍ਰਭੂ ਦਾ ਸਿਮਰਨ ਕਰਨਾ ਇਕ ਔਖਾ ਰਸਤਾ ਹੈ, ਪਹਾੜੀ ਰਸਤਾ ਹੈ, ਘਾਟੀ ਉੱਤੇ ਚੜ੍ਹਨ ਸਮਾਨ ਹੈ:

"ਕਬੀਰ ਜਿਹ ਮਾਰਗਿ ਪੰਡਿਤ ਗਏ, ਪਾਛੈ ਪਰੀ ਬਹੀਰ ॥
ਇਕ ਅਵਘਟ ਘਾਟੀ ਰਾਮ ਕੀ, ਤਿਹ ਚੜਿ ਰਹਿਓ ਕਬੀਰ" ॥੧੬੫॥

ਪਦਅਰਥ:- ਅਨਦਿਨੁ—ਹਰ ਰੋਜ਼, ਹਰ ਵੇਲੇ । ਸਿਉ—ਨਾਲ । ਸੁਰਖੀ—{Skt. H--Ik} ਇੰਦ੍ਰੇ । ਰਾਖੈ—ਵੱਸ ਵਿਚ ਰੱਖਦਾ ਹੈ । ਦੂਜੀ ਦ੍ਰਿਸਟਿ—ਮੇਰ-ਤੇਰ ਵਾਲੀ ਨਿਗਾਹ, ਵਿਤਕਰੇ ਵਾਲੀ ਨਜ਼ਰ । ਕਬੈ—ਕਦੇ ਭੀ ।

ਅਰਥ:- ('ਬਾਰ ਬਾਰ ਹਰਿ ਕੇ ਗੁਨ' ਗਾ ਕੇ, ਮਨੁੱਖ ਇਸ ਸਿਫ਼ਤਿ-ਸਾਲਾਹ ਦੀ) ਨੇਕ ਕਮਾਈ ਨੂੰ (ਆਪਣੇ ਜੀਵਨ ਦਾ) ਸਹਾਰਾ ਬਣਾ ਲੈਂਦਾ ਹੈ, ਅਤੇ ਇਸ ਔਖੀ ਘਾਟੀ ਉੱਤੇ ਚੜ੍ਹਦਾ ਹੈ ਕਿ ਹਰ ਵੇਲੇ ਆਪਣੇ ਆਪ ਨਾਲ ਲੜਾਈ ਕਰਦਾ ਹੈ (ਭਾਵ, ਆਪਣੇ ਮਨ ਨੂੰ ਮੁੜ ਮੁੜ ਵਿਕਾਰਾਂ ਵਲੋਂ ਰੋਕਦਾ ਹੈ), ਪੰਜਾਂ ਹੀ ਗਿਆਨ-ਇੰਦ੍ਰਿਆਂ ਨੂੰ ਵੱਸ ਵਿਚ ਰੱਖਦਾ ਹੈ, ਤਦੋਂ (ਕਿਸੇ ਉੱਤੇ ਭੀ) ਕਦੇ ਉਸ ਦੀ ਮੇਰ-ਤੇਰ ਦੀ ਨਿਗਾਹ ਨਹੀਂ ਪੈਂਦੀ ।੬।

ਥਾਵਰ ਥਿਰੁ ਕਰਿ ਰਾਖੈ ਸੋਇ ॥ ਜੋਤਿ ਦੀ ਵਟੀ ਘਟ ਮਹਿ ਜੋਇ ॥ ਬਾਹਰਿ ਭੀਤਰਿ ਭਇਆ ਪ੍ਰਗਾਸੁ ॥ ਤਬ ਹੂਆ ਸਗਲ ਕਰਮ ਕਾ ਨਾਸੁ ॥੭॥ {ਪੰਨਾ 344}

ਅਰਥ:- ਥਾਵਰ—ਛਨਿਛਰ ਵਾਰ । ਥਿਰੁ—ਟਿਕਵਾਂ । ਸੋਇ—ਸੋ (ਜੋਤਿ ਦੀਵਟੀ), ਉਸ 'ਜੋਤਿ ਦੀਵਟੀ' ਨੂੰ । ਜੋਤਿ ਦੀਵਟੀ ਜੋਇ—ਜੋ ਜੋਤਿ ਦੀਵਟੀ । ਦੀਵਟੀ—ਸੁਹਣਾ ਜਿਹਾ ਨਿੱਕਾ ਜਿਹਾ ਦੀਵਾ । ਜੋਤਿ—ਪਰਮਾਤਮਾ ਦਾ ਨੂਰ । ਘਟਿ ਮਹਿ—ਹਿਰਦੇ ਵਿਚ, ਸਰੀਰ ਵਿਚ । ਭੀਤਰਿ—ਅੰਦਰ । ਪ੍ਰਗਾਸੁ—ਚਾਨਣ । ਕਰਮ—ਕੀਤੇ ਕੰਮਾਂ ਦੇ ਸੰਸਕਾਰ । ਤਬ—ਤਦੋਂ, ਇਸ ਅਵਸਥਾ ਵਿਚ ਅੱਪੜ ਕੇ ।

ਅਰਥ:- ਰੱਬੀ ਨੂਰ ਦੀ ਜੋ ਸੁਹਣੀ ਜਿਹੀ ਨਿੱਕੀ ਜਿਹੀ ਜੋਤ ਹਰੇਕ ਹਿਰਦੇ ਵਿਚ ਹੁੰਦੀ ਹੈ ('ਬਾਰ ਬਾਰ ਹਰਿ ਕੇ ਗੁਨ' ਗਾ ਕੇ, ਮਨੁੱਖ) ਉਸ ਜੋਤ ਨੂੰ ਆਪਣੇ ਅੰਦਰ ਸਾਂਭ ਕੇ ਰੱਖਦਾ ਹੈ, (ਉਸ ਦੀ ਬਰਕਤ ਨਾਲ ਉਸ ਦੇ) ਅੰਦਰ-ਬਾਹਰ ਜੋਤ ਦਾ ਹੀ ਪ੍ਰਕਾਸ਼ ਹੋ ਜਾਂਦਾ ਹੈ (ਭਾਵ, ਉਸ ਨੂੰ ਆਪਣੇ ਅੰਦਰ ਤੇ ਸਾਰੀ ਸ੍ਰਿਸ਼ਟੀ ਵਿਚ ਭੀ ਇਕੋ ਪਰਮਾਤਮਾ ਦੀ ਹੀ ਜੋਤ ਦਿੱਸਦੀ ਹੈ) । ਇਸ ਅਵਸਥਾ ਵਿਚ ਅੱਪੜ ਕੇ ਉਸ ਦੇ ਪਿਛਲੇ ਕੀਤੇ ਸਾਰੇ ਕਰਮਾਂ (ਦੇ ਸੰਸਕਾਰਾਂ) ਦਾ ਨਾਸ ਹੋ ਜਾਂਦਾ ਹੈ ।੭।

ਜਬ ਲਗੁ ਘਟ ਮਹਿ ਦੂਜੀ ਆਨ ॥ ਤਉ ਲਉ ਮਹਲਿ ਨ ਲਾਭੈ ਜਾਨ ॥ ਰਮਤ ਰਾਮ ਸਿਉ ਲਾਗੋ ਰੰਗੁ ॥ ਕਹਿ ਕਬੀਰ ਤਬ ਨਿਰਮਲ ਅੰਗ ॥੮॥੧॥ {ਪੰਨਾ 345}

ਪਦਅਰਥ:- ਜਬ ਲਗੁ—ਜਦੋਂ ਤਕ । ਆਨ—ਆਣ, ਪਰਵਾਹ । ਦੂਜੀ ਆਨ—ਜਗਤ ਦੀ ਮੁਥਾਜੀ, ਲੋਕ-ਲਾਜ ਦਾ ਖ਼ਿਆਲ । ਮਹਲਿ—ਮਹਿਲ ਵਿਚ, ਪ੍ਰਭੂ-ਚਰਨਾਂ ਵਿਚ । ਜਾਨ ਨ ਲਾਭੈ—ਜਾਣਾ ਨਹੀਂ ਮਿਲਦਾ, ਜੁੜ ਨਹੀਂ ਸਕਦਾ, ਪਹੁੰਚ ਨਹੀਂ ਸਕਦਾ । ਰਮਤ—ਸਿਮਰ ਸਿਮਰ ਕੇ । ਰਾਮ ਸਿਉ—ਪਰਮਾਤਮਾ ਨਾਲ । ਰੰਗੁ—ਪਿਆਰ । ਕਹਿ—ਕਹੇ, ਆਖਦਾ ਹੈ । ਨਿਰਮਲ—ਪਵਿੱਤਰ । ਅੰਗ—ਸਰੀਰ, ਗਿਆਨ-ਇੰਦ੍ਰੇ ਆਦਿਕ ।

ਅਰਥ:- (ਪਰ) ਜਦੋਂ ਤਕ ਮਨੁੱਖ ਦੇ ਮਨ ਵਿਚ ਦੁਨੀਆਵੀ ਇੱਜ਼ਤ ਆਦਿਕ ਦੀ ਵਾਸ਼ਨਾ ਹੈ, ਤਦ ਤਕ ਉਹ

ਪ੍ਰਭੂ ਦੇ ਚਰਨਾਂ ਵਿਚ ਜੁੜ ਨਹੀਂ ਸਕਦਾ ।

ਕਬੀਰ ਆਖਦਾ ਹੈ—ਪਰਮਾਤਮਾ ਦਾ ਸਿਮਰਨ ਕਰਦਿਆਂ ਕਰਦਿਆਂ ਪਰਮਾਤਮਾ ਨਾਲ ਪਿਆਰ ਬਣ ਜਾਂਦਾ ਹੈ ਅਤੇ ਤਦੋਂ ਸਰੀਰ ਪਵਿੱਤਰ ਹੋ ਜਾਂਦਾ ਹੈ ।੮।੧।

ਰਾਗੁ ਗਉੜੀ ਚੇਤੀ ਬਾਣੀ ਨਾਮਦੇਉ ਜੀਉ ਕੀ ੧ੴ ਸਤਿਗੁਰ ਪ੍ਰਸਾਦਿ ॥ ਦੇਵਾ ਪਾਹਨ ਤਾਰੀਅਲੇ ॥ ਰਾਮ ਕਹਤ ਜਨ ਕਸ ਨ ਤਰੇ ॥੧॥ ਰਹਾਉ ॥ ਤਾਰੀਲੇ ਗਨਿਕਾ ਬਿਨੁ ਰੂਪ ਕੁਬਿਜਾ ਬਿਆਧਿ ਅਜਾਮਲੁ ਤਾਰੀਅਲੇ ॥ ਚਰਨ ਬਧਿਕ ਜਨ ਤੇਊ ਮੁਕਤਿ ਭਏ ॥ ਹਉ ਬਲਿ ਬਲਿ ਜਿਨ ਰਾਮ ਕਹੇ ॥੧॥ ਦਾਸੀ ਸੁਤ ਜਨੁ ਬਿਦਰੁ ਸੁਦਾਮਾ ਉਗ੍ਰਸੈਨ ਕਉ ਰਾਜ ਦੀਏ ॥ ਜਪ ਹੀਨ ਤਪ ਹੀਨ ਕੁਲ ਹੀਨ ਕ੍ਰਮ ਹੀਨ ਨਾਮੇ ਕੇ ਸੁਆਮੀ ਤੇਊ ਤਰੇ ॥੨॥੧॥ {ਪੰਨਾ 345}

ਪਦਅਰਥ:- ਦੇਵਾ—ਹੇ ਦੇਵ! ਹੇ ਪ੍ਰਭੂ! ਪਾਹਨ—{pwhx} ਪੱਥਰ । ਤਾਰੀਅਲੇ—ਤਾਰੇ ਗਏ, ਤਾਰ ਦਿੱਤੇ, ਤਰਾ ਦਿੱਤੇ ।

{ਨੋਟ:- ਏਸ ਸ਼ਬਦ ਵਿਚ ਨਾਮਦੇਵ ਜੀ ਉਹਨਾਂ ਉਤਸ਼ਾਹ-ਭਰੀਆਂ ਤੇ ਪ੍ਰੇਮ-ਭਰੀਆਂ ਸਾਖੀਆਂ ਦਾ ਜ਼ਿਕਰ ਕਰ ਕੇ ਮਨ ਨੂੰ ਬੰਦਗੀ ਵਲ ਉਤਸ਼ਾਹ ਦਿੱਤਾ ਹੈ ਜੋ ਰਾਮਾਇਣ, ਮਹਾਭਾਰਤ ਤੇ ਪੁਰਾਣ ਆਦਿਕਾਂ ਵਿਚ ਆਉਂਦੀਆਂ ਹਨ ਤੇ ਜੋ ਆਮ ਲੋਕਾਂ ਵਿਚ ਪ੍ਰਚਲਤ ਸਨ । ਰਾਮਾਇਣ ਦੀ ਇਹ ਕਹਾਣੀ ਆਮ ਪਰਸਿੱਧ ਹੈ ਕਿ ਸ੍ਰੀ ਰਾਮ ਜੀ ਨੇ ਲੰਕਾ ਵਿਚ ਅੱਪੜਨ ਲਈ ਸਮੁੰਦਰ ਉੱਤੇ ਪੁਲ ਬੰਨ੍ਹਣ ਵਾਸਤੇ ਪੱਥਰਾਂ ਉੱਤੇ 'ਰਾਮ' ਨਾਮ ਲਿਖਵਾਇਆ ਤੇ ਪੱਥਰ ਤਰਨ ਲੱਗ ਪਏ ।}

ਕਸ ਨ—ਕਿਉਂ ਨਾ? ।੧।ਰਹਾਉ।

ਤਾਰੀਲੇ—ਤਾਰ ਦਿੱਤੀ । ਗਨਿਕਾ—ਵੇਸਵਾ (ਜਿਸ ਨੂੰ ਇਕ ਮਹਾਂ ਪੁਰਖ ਇਕ ਤੋਤਾ ਦੇ ਗਏ ਤੇ ਕਹਿ ਗਏ ਇਸ ਨੂੰ ਰਾਮ ਨਾਮ ਪੜ੍ਹਾਉਣਾ) । ਬਿਨੁ ਰੂਪ—ਰੂਪ-ਹੀਣ । ਕੁਬਿਜਾ—{kÊjw} ਇਹ ਇਕ ਜੁਆਨ ਲੜਕੀ ਕੰਸ ਦੀ ਗੋੱਲੀ ਸੀ, ਪਰ ਹੈ ਸੀ ਕੁੱਬੀ । ਜਦੋਂ ਕ੍ਰਿਸ਼ਨ ਜੀ ਤੇ ਬਲਰਾਮ ਮਥੁਰਾ ਨੂੰ ਜਾ ਰਹੇ ਸਨ, ਇਹ ਕੁਬਿਜਾ ਕੰਸ ਵਾਸਤੇ ਸੁਗੰਧੀ ਦਾ ਸਾਮਾਨ ਲਈ ਜਾਂਦੀ ਇਹਨਾਂ ਨੂੰ ਸੜਕ ਤੇ ਮਿਲੀ । ਕ੍ਰਿਸ਼ਨ ਜੀ ਦੇ ਮੰਗਣ ਤੇ ਇਸ ਨੇ ਕੁਝ ਅਤਰ ਆਦਿਕ ਇਹਨਾਂ ਨੂੰ ਭੀ ਦੇ ਦਿੱਤਾ । ਇਸ ਤੇ ਕ੍ਰਿਸ਼ਨ ਜੀ ਨੇ ਪ੍ਰਸੰਨ ਹੋ ਕੇ ਇਸ ਦਾ ਕੁੱਬ ਦੂਰ ਕਰ ਦਿੱਤਾ, ਜਿਸ ਕਰਕੇ ਉਹ ਬੜੀ ਸੁੰਦਰ ਕੁਮਾਰੀ ਦਿੱਸਣ ਲਗ ਪਈ । ਬਿਆਧਿ—ਰੋਗ (-ਗ੍ਰਸਤ), ਵਿਕਾਰਾਂ ਵਿਚ ਪ੍ਰਵਿਰਤ । ਬਧਿਕ—ਨਿਸ਼ਾਨਾ ਮਾਰਨ ਵਾਲਾ (ਸ਼ਿਕਾਰੀ) । ਚਰਨ ਬਧਿਕ—ਉਹ ਸ਼ਿਕਾਰੀ (ਜਿਸ ਨੇ ਹਰਨ ਦੇ ਭੁਲੇਖੇ ਕ੍ਰਿਸ਼ਨ ਜੀ ਦੇ) ਪੈਰਾਂ ਵਿਚ ਨਿਸ਼ਾਨਾ ਮਾਰਿਆ । ਬਲਿ ਬਲਿ—ਸਦਕੇ ।੧।

ਦਾਸੀ ਸੁਤ—ਗੋੱਲੀ ਦਾ ਪੁੱਤਰ । ਜਨੁ—(ਤੇਰਾ) ਭਗਤ । ਬਿਦਰੁ—{ibdr} ਵਿਆਸ ਦੀ ਅਸ਼ੀਰਵਾਦ ਨਾਲ ਗੋੱਲੀ ਦੇ ਪੇਟੋਂ ਜੰਮਿਆ ਪੁੱਤਰ ਪਾਂਡੂ ਦਾ ਛੋਟਾ ਭਰਾ, ਇਹ ਕ੍ਰਿਸ਼ਨ ਜੀ ਦਾ ਭਗਤ ਸੀ । ਸੁਦਾਮਾ—{sdwmn} ਇਕ ਬਹੁਤ ਹੀ ਗਰੀਬ ਬ੍ਰਾਹਮਣ ਕ੍ਰਿਸ਼ਨ ਜੀ ਦਾ ਜਮਾਤੀ ਤੇ ਮਿੱਤਰ ਸੀ । ਆਪਣੀ ਵਹੁਟੀ ਦੀ ਪ੍ਰੇਰਨਾ ਤੇ ਇਕ ਮੁਠ ਚਾਵਲ ਲੈ ਕੇ ਇਹ ਕ੍ਰਿਸ਼ਨ ਜੀ ਪਾਸ ਦਵਾਰਕਾ ਹਾਜ਼ਰ ਹੋਇਆ ਤੇ ਉਹਨਾਂ ਇਸ ਨੂੰ ਮਿਹਰ ਦੀ ਨਜ਼ਰ ਨਾਲ ਅਮੁੱਕ ਧਨ ਤੇ ਸੋਭਾ ਬਖ਼ਸ਼ੀ । ਉਗ੍ਰਸੈਨ—ਕੰਸ ਦਾ ਪਿਉ, ਕੰਸ ਪਿਉ ਨੂੰ ਤਖ਼ਤੋਂ ਲਾਹ ਕੇ ਆਪ ਰਾਜ ਕਰਨ ਲੱਗ ਪਿਆ ਸੀ; ਸ੍ਰੀ ਕ੍ਰਿਸ਼ਨ ਜੀ ਨੇ ਕੰਸ ਨੂੰ ਮਾਰ ਕੇ ਇਸ ਨੂੰ ਮੁੜ ਰਾਜ ਬਖ਼ਸ਼ਿਆ । ਕ੍ਰਮ ਹੀਨ—ਕਰਮ-ਹੀਨ । ਤੇਊ—ਉਹ ਸਾਰੇ ।੨।

ਅਰਥ:- ਹੇ ਪ੍ਰਭੂ! (ਉਹ) ਪੱਥਰ (ਭੀ ਸਮੁੰਦਰ ਉੱਤੇ) ਤੂੰ ਤਰਾ ਦਿੱਤੇ (ਜਿਨ੍ਹਾਂ ਉੱਤੇ ਤੇਰਾ 'ਰਾਮ' ਨਾਮ ਲਿਖਿਆ ਗਿਆ ਸੀ; ਭਲਾ) ਉਹ ਮਨੁੱਖ (ਸੰਸਾਰ-ਸਮੁੰਦਰ ਤੋਂ) ਕਿਉਂ ਨਹੀਂ ਤਰਨਗੇ, ਜੋ ਤੇਰਾ ਨਾਮ ਸਿਮਰਦੇ ਹਨ? ।ਰਹਾਉ।

ਹੇ ਪ੍ਰਭੂ! ਤੂੰ (ਮੰਦ-ਕਰਮਣ) ਵੇਸਵਾ (ਵਿਕਾਰਾਂ ਤੋਂ) ਬਚਾ ਲਈ, ਤੂੰ ਕੁਰੂਪ ਕੁਬਿਜਾ ਦਾ ਕੋਝ ਦੂਰ ਕੀਤਾ, ਤੂੰ ਵਿਕਾਰਾਂ ਵਿਚ ਗਲੇ ਹੋਏ ਅਜਾਮਲ ਨੂੰ ਤਾਰ ਦਿੱਤਾ, (ਕ੍ਰਿਸ਼ਨ ਜੀ ਦੇ) ਪੈਰਾਂ ਵਿਚ ਨਿਸ਼ਾਨਾ ਮਾਰਨ ਵਾਲਾ ਸ਼ਿਕਾਰੀ (ਅਤੇ) ਅਜਿਹੇ ਕਈ (ਵਿਕਾਰੀ) ਬੰਦੇ (ਤੇਰੀ ਮਿਹਰ ਨਾਲ) ਮੁਕਤ ਹੋ ਗਏ । ਮੈਂ ਸਦਕੇ ਹਾਂ ਉਹਨਾਂ ਤੋਂ ਜਿਨ੍ਹਾਂ ਪ੍ਰਭੂ ਦਾ ਨਾਮ ਸਿਮਰਿਆ ।੧।

ਹੇ ਪ੍ਰਭੂ! ਗੋੱਲੀ ਦਾ ਪੁੱਤਰ ਬਿਦਰ ਤੇਰਾ ਭਗਤ (ਪ੍ਰਸਿੱਧ ਹੋਇਆ); ਸੁਦਾਮਾ (ਇਸ ਦਾ ਤੂੰ ਦਲਿੱਦਰ ਕੱਟਿਆ), ਉਗਰਸੈਨ ਨੂੰ ਤੂੰ ਰਾਜ ਦਿੱਤਾ । ਹੇ ਨਾਮਦੇਵ ਦੇ ਸੁਆਮੀ! ਤੇਰੀ ਕਿਰਪਾ ਨਾਲ ਉਹ ਉਹ ਤਰ ਗਏ ਹਨ ਜਿਨ੍ਹਾਂ ਕੋਈ ਜਪ ਨਹੀਂ ਕੀਤੇ, ਕੋਈ ਤਪ ਨਹੀਂ ਸਾਧੇ, ਜਿਨ੍ਹਾਂ ਦੀ ਕੋਈ ਉੱਚੀ ਕੁਲ ਨਹੀਂ ਸੀ, ਕੋਈ ਚੰਗੇ ਅਮਲ ਨਹੀਂ ਸਨ ।੨।੧।

ਨੋਟ:- ਇਸ ਸ਼ਬਦ ਵਿਚ ਜਿਨ੍ਹਾਂ ਸਾਖੀਆਂ ਵਲ ਇਸ਼ਾਰਾ ਹੈ ਉਹ ਸ੍ਰੀ ਰਾਮ ਚੰਦਰ ਅਤੇ ਕ੍ਰਿਸ਼ਨ ਜੀ ਦੋਹਾਂ ਨਾਲ ਸੰਬੰਧ ਰੱਖਦੀਆਂ ਹਨ, ਇਸ ਤੋਂ ਸਾਫ਼ ਪ੍ਰਤੱਖ ਹੈ ਕਿ ਨਾਮਦੇਵ ਜੀ ਇਹਨਾਂ ਵਿਚੋਂ ਕਿਸੇ ਖ਼ਾਸ ਇੱਕ ਦੇ ਅਵਤਾਰ-ਰੂਪ ਪੁਜਾਰੀ ਨਹੀਂ ਸਨ । ਇਹਨਾਂ ਦੀ ਰਾਹੀਂ ਤਰੇ ਭਗਤਾਂ ਨੂੰ ਪਰਮਾਤਮਾ ਦੀ ਮਿਹਰ ਦਾ ਪਾਤਰ ਸਮਝਦੇ ਸਨ; ਤਾਹੀਏਂ ਆਖਦੇ ਹਨ—'ਹਉ ਬਲਿ ਬਲਿ ਜਿਨ ਰਾਮ ਕਹੇ' ।

ਭਾਵ:- ਸਿਮਰਨ ਦੀ ਵਡਿਆਈ—ਬੜੇ ਬੜੇ ਕੁਕਰਮੀ ਤੇ ਨੀਚ-ਕੁਲ ਬੰਦੇ ਭੀ ਤਰ ਜਾਂਦੇ ਹਨ ।

ਰਾਗੁ ਗਉੜੀ ਰਵਿਦਾਸ ਜੀ ਕੇ ਪਦੇ ਗਉੜੀ ਗੁਆਰੇਰੀ ੴ ਸਤਿਨਾਮੁ ਕਰਤਾ ਪੁਰਖੁ ਗੁਰਪ੍ਰਸਾਦਿ ॥ ਮੇਰੀ ਸੰਗਤਿ ਪੋਚ ਸੋਚ ਦਿਨੁ ਰਾਤੀ ॥ ਮੇਰਾ ਕਰਮੁ ਕੁਟਿਲਤਾ ਜਨਮੁ ਕੁਭਾਂਤੀ ॥੧॥ ਰਾਮ ਗੁਸਈਆ ਜੀਅ ਕੇ ਜੀਵਨਾ ॥ ਮੋਹਿ ਨ ਬਿਸਾਰਹੁ ਮੈ ਜਨੁ ਤੇਰਾ ॥੧॥ ਰਹਾਉ ॥ ਮੇਰੀ ਹਰਹੁ ਬਿਪਤਿ ਜਨ ਕਰਹੁ ਸੁਭਾਈ ॥ ਚਰਣ ਨ ਛਾਡਉ ਸਰੀਰ ਕਲ ਜਾਈ ॥੨॥ ਕਹੁ ਰਵਿਦਾਸ ਪਰਉ ਤੇਰੀ ਸਾਭਾ ॥ ਬੇਗਿ ਮਿਲਹੁ ਜਨ ਕਰਿ ਨ ਬਿਲਾਂਬਾ ॥੩॥੧॥ {ਪੰਨਾ 345}

ਪਦਅਰਥ:- ਸੰਗਤਿ—ਬਹਿਣ-ਖਲੋਣ । ਪੋਚ—ਨੀਚ, ਮਾੜਾ । ਸੋਚ-ਚਿੰਤਾ, ਫਿਕਰ । ਕੁਟਿ—ਡਿੰਗੀ ਲਕੀਰ । ਕੁਟਿਲ—ਵਿੰਗੀਆਂ ਚਾਲਾਂ ਚੱਲਣ ਵਾਲਾ; ਖੋਟਾ । ਕੁਟਿਲਤਾ—ਵਿੰਗੀਆਂ ਚਾਲਾਂ ਚੱਲਣ ਦਾ ਸੁਭਾਉ, ਖੋਟ । ਕੁਭਾਂਤੀ—ਕੁ-ਭਾਂਤੀ, ਭੈੜੀ ਭਾਂਤ ਦਾ, ਨੀਵੀਂ ਕਿਸਮ ਦਾ, ਨੀਵੀਂ ਜਾਤਿ ਵਿਚੋਂ ।੧।

ਗੁਸਈਆ—ਹੇ ਗੋਸਾਈਂ! ਹੇ ਧਰਤੀ ਦੇ ਸਾਈਂ । ਜੀਅ ਕੇ—ਜਿੰਦ ਦੇ । ਮੋਹਿ—ਮੈਨੂੰ ।੧।ਰਹਾਉ।

ਹਰਹੁ—ਦੂਰ ਕਰੋ । ਬਿਪਤਿ—ਮੁਸੀਬਤ, ਭੈੜੀ ਸੰਗਤਿ-ਰੂਪ ਬਿਪਤਾ । ਜਨ—ਮੈਨੂੰ ਦਾਸ ਨੂੰ । ਕਰਹੁ—ਬਣਾ ਲਵੋ । ਸੁਭਾਈ—ਸੁ-ਭਾਈ, ਚੰਗੇ ਭਾਓ ਵਾਲਾ, ਚੰਗੀ ਭਾਵਨਾ ਵਾਲਾ । ਨ ਛਾਡਉ—ਮੈਂ ਨਹੀਂ ਛੱਡਾਂਗਾ । ਕਲ—ਸੱਤਿਆ । ਜਾਈ—ਚਲੀ ਜਾਏ, ਨਾਸ ਹੋ ਜਾਏ ।੨।

ਕਹੁ—ਆਖ । ਰਵਿਦਾਸ—ਹੇ ਰਵਿਦਾਸ! ਪਰਉ—ਮੈਂ ਪੈਂਦਾ ਹਾਂ, ਮੈਂ ਪਿਆਂ ਹਾਂ । ਸਾਭਾ—ਸਾਂਭ, ਸੰਭਾਲ, ਸਰਨ । ਬੇਗਿ—ਛੇਤੀ । ਬਿਲਾਂਬਾ—ਦੇਰ, ਢਿੱਲ ।੩।੧।

ਨੋਟ:- ਰਵਿਦਾਸ ਜੀ ਕੇ ਪਦੇ—ਰਵਿਦਾਸ ਜੀ ਦੇ ੫ ਸ਼ਬਦ ਹਨ; ਤਿੰਨ ਸ਼ਬਦ ਐਸੇ ਹਨ ਜਿਨ੍ਹਾਂ ਦੇ ਤਿੰਨ ਤਿੰਨ ਪਦ (ਬੰਦ—Stanzas) ਹਨ; ੧ ਸ਼ਬਦ ਚਾਰ ਬੰਦਾਂ ਵਾਲਾ ਹੈ ਅਤੇ ੧ ਸ਼ਬਦ ੮ ਬੰਦਾਂ ਵਾਲਾ ਹੈ । ਸੋ; ਸਭਨਾਂ ਵਾਸਤੇ ਸਾਂਝਾ ਲਫ਼ਜ਼ 'ਪਦੇ' ਵਰਤ ਦਿੱਤਾ ਹੈ; ਤਿਪਦੇ, ਚਉਪਦਾ, ਅਸ਼ਟਪਦੀ ਲਿਖਣ ਦੇ ਥਾਂ ।

ਅਰਥ:- ਹੇ ਮੇਰੇ ਰਾਮ! ਹੇ ਮੇਰੇ ਰਾਮ! ਹੇ ਧਰਤੀ ਦੇ ਸਾਈਂ! ਹੇ ਮੇਰੀ ਜਿੰਦ ਦੇ ਆਸਰੇ! ਮੈਨੂੰ ਨਾਹ ਵਿਸਾਰੀਂ, ਮੈਂ ਤੇਰਾ ਦਾਸ ਹਾਂ ।੧।ਰਹਾਉ।

(ਹੇ ਪ੍ਰਭੂ!) ਦਿਨ ਰਾਤ ਮੈਨੂੰ ਇਹ ਸੋਚ ਰਹਿੰਦੀ ਹੈ (ਮੇਰਾ ਕੀਹ ਬਣੇਗਾ?) ਮਾੜਿਆਂ ਨਾਲ ਮੇਰਾ ਬਹਿਣ-ਖਲੋਣ ਹੈ, ਖੋਟ ਮੇਰਾ (ਨਿੱਤ-ਕਰਮ) ਹੈ; ਮੇਰਾ ਜਨਮ (ਭੀ) ਨੀਵੀਂ ਜਾਤਿ ਵਿਚੋਂ ਹੈ ।੧।

(ਹੇ ਪ੍ਰਭੂ! ਮੇਰੀ ਇਹ ਬਿਪਤਾ ਕੱਟ; ਮੈਨੂੰ ਸੇਵਕ ਨੂੰ ਚੰਗੀ ਭਾਵਨਾ ਵਾਲਾ ਬਣਾ ਲੈ; ਚਾਹੇ ਮੇਰੇ ਸਰੀਰ ਦੀ ਸੱਤਿਆ ਭੀ ਚਲੀ ਜਾਵੇ, (ਹੇ ਰਾਮ!) ਮੈਂ ਤੇਰੇ ਚਰਨ ਨਹੀਂ ਛੱਡਾਂਗਾ ।੨।

ਹੇ ਰਵਿਦਾਸ! (ਪ੍ਰਭੂ-ਦਰ ਤੇ) ਆਖ—(ਹੇ ਪ੍ਰਭੂ!) ਮੈਂ ਤੇਰੀ ਸ਼ਰਨ ਪਿਆ ਹਾਂ, ਮੈਨੂੰ ਸੇਵਕ ਨੂੰ ਛੇਤੀ ਮਿਲੋ, ਢਿੱਲ ਨਾਹ ਕਰ ।੩।੧।

ਭਾਵ:- ਪ੍ਰਭੂ-ਦਰ ਤੇ ਅਰਦਾਸਿ—ਹੇ ਪ੍ਰਭੂ! ਮੈਂ ਮੰਦ-ਕਰਮੀ ਹਾਂ, ਪਰ ਤੇਰੀ ਸ਼ਰਨ ਆਇਆ ਹਾਂ । ਭੈੜੀ ਸੰਗਤਿ ਤੋਂ ਬਚਾਈ ਰੱਖ ।

ਬੇਗਮ ਪੁਰਾ ਸਹਰ ਕੋ ਨਾਉ ॥ ਦੂਖੁ ਅੰਦੋਹੁ ਨਹੀ ਤਿਹਿ ਠਾਉ ॥ ਨਾਂ ਤਸਵੀਸ ਖਿਰਾਜੁ ਨ ਮਾਲੁ ॥ ਖਉਫੁ ਨ ਖਤਾ ਨ ਤਰਸੁ ਜਵਾਲੁ ॥੧॥ ਅਬ ਮੋਹਿ ਖੂਬ ਵਤਨ ਗਹ ਪਾਈ ॥ ਊਹਾਂ ਖੈਰਿ ਸਦਾ ਮੇਰੇ ਭਾਈ ॥੧॥ ਰਹਾਉ ॥ ਕਾਇਮੁ ਦਾਇਮੁ ਸਦਾ ਪਾਤਿਸਾਹੀ ॥ ਦੋਮ ਨ ਸੇਮ ਏਕ ਸੋ ਆਹੀ ॥ ਆਬਾਦਾਨੁ ਸਦਾ ਮਸਹੂਰ ॥ ਊਹਾਂ ਗਨੀ ਬਸਹਿ ਮਾਮੂਰ ॥੨॥ ਤਿਉ ਤਿਉ ਸੈਲ ਕਰਹਿ ਜਿਉ ਭਾਵੈ ॥ ਮਹਰਮ ਮਹਲ ਨ ਕੋ ਅਟਕਾਵੈ ॥ ਕਹਿ ਰਵਿਦਾਸ ਖਲਾਸ ਚਮਾਰਾ ॥ ਜੋ ਹਮ ਸਹਰੀ ਸੁ ਮੀਤੁ ਹਮਾਰਾ ॥੩॥੨॥ {ਪੰਨਾ 345}

ਪਦਅਰਥ:- ਬੇਗਮ—ਬੇ-ਗ਼ਮ, ਜਿਥੇ ਕੋਈ ਗ਼ਮ ਨਹੀਂ । ਕੋ—ਦਾ । ਅੰਦੋਹੁ—ਚਿੰਤਾ । ਤਿਹਿ ਠਾਉ—ਉਸ ਥਾਂ ਤੇ, ਉਸ ਆਤਮਕ ਟਿਕਾਣੇ ਤੇ, ਉਸ ਅਵਸਥਾ ਵਿਚ । ਤਸਵੀਸ—ਸੋਚ, ਘਬਰਾਹਟ । ਖਿਰਾਜ—ਕਰ, ਮਸੂਲ, ਟੈਕਸ । ਖਤਾ—ਦੋਸ਼, ਪਾਪ । ਤਰਸੁ—ਡਰ । ਜਵਾਲ—ਜ਼ਵਾਲ, ਘਾਟਾ ।੧।

ਮੋਹਿ—ਮੈਂ । ਵਤਨ ਗਹ—ਵਤਨ ਗਾਹ, ਵਤਨ ਦੀ ਥਾਂ, ਰਹਿਣ ਦੀ ਥਾਂ । ਖੈਰਿ—ਖ਼ੈਰੀਅਤ, ਸੁਖ ।੧।ਰਹਾਉ।

ਕਾਇਮੁ—ਥਿਰ ਰਹਿਣ ਵਾਲੀ । ਦਾਇਮੁ—ਸਦਾ । ਦੋਮ ਸੇਮ—ਦੂਜਾ ਤੀਜਾ (ਦਰਜਾ) । ਏਕ ਸੋ—ਇਕੋ ਜੈਸੇ । ਆਹੀ—ਹਨ । ਆਬਾਦਾਨੁ—ਆਬਾਦ, ਵੱਸਦਾ । ਗਨੀ—ਧਨੀ, ਧਨਾਢ । ਮਾਮੂਰ—ਰੱਜੇ ਹੋਏ ।੨।

ਸੈਲ ਕਰਹਿ—ਮਨ-ਮਰਜ਼ੀ ਨਾਲ ਤੁਰਦੇ ਫਿਰਦੇ ਹਨ । ਮਹਰਮ—ਵਾਕਿਫ਼ । ਮਹਰਮ ਮਹਲ—ਮਹਿਲ ਦੇ ਵਾਕਿਫ਼ । ਕੋ—ਕੋਈ । ਨ ਅਟਕਾਵੈ—ਰੋਕਦਾ ਨਹੀਂ । ਕਹਿ—ਕਹੈ, ਆਖਦਾ ਹੈ । ਖਲਾਸ—ਜਿਸ ਨੇ ਦੁੱਖ-ਅੰਦੋਹ ਤਸ਼ਵੀਸ਼ ਆਦਿਕ ਤੋਂ ਖ਼ਲਾਸੀ ਪਾ ਲਈ ਹੋਈ ਹੈ । ਹਮ ਸਹਰੀ—ਇੱਕੋ ਸ਼ਹਿਰ ਦੇ ਵੱਸਣ ਵਾਲਾ, ਹਮ-ਵਤਨ, ਸਤਸੰਗੀ ।੩।

ਨੋਟ:- ਇਸ ਸ਼ਬਦ ਵਿਚ ਦੁਨੀਆ ਦੇ ਲੋਕਾਂ ਦੇ ਮਿਥੇ ਹੋਏ ਸੁਰਗ-ਭਿਸ਼ਤ ਦੇ ਮੁਕਾਬਲੇ ਤੇ ਸੱਚ-ਮੁੱਚ ਦੀ ਆਤਮਕ ਅਵਸਥਾ ਦਾ ਵਰਨਣ ਹੈ । ਸੁਰਗ-ਭਿਸ਼ਤ ਦੇ ਤਾਂ ਸਿਰਫ਼ ਇਕਰਾਰ ਹੀ ਹਨ, ਮਨੁੱਖ ਸਿਰਫ਼ ਆਸਾਂ ਹੀ ਕਰ ਸਕਦਾ ਹੈ ਕਿ ਮਰਨ ਪਿਛੋਂ ਮਿਲੇਗਾ; ਪਰ ਜਿਸ ਆਤਮਕ ਅਵਸਥਾ ਦਾ ਇਥੇ ਜ਼ਿਕਰ ਹੈ, ਉਸ ਨੂੰ ਮਨੁੱਖ ਇਸ ਜ਼ਿੰਦਗੀ ਵਿਚ ਹੀ ਅਨੁਭਵ ਕਰ ਸਕਦਾ ਹੈ, ਜੇ ਉਹ ਜੀਵਨ ਦੇ ਸਹੀ ਰਾਹ ਤੇ ਤੁਰਦਾ ਹੈ ।

ਅਰਥ:- ਹੇ ਮੇਰੇ ਵੀਰ! ਹੁਣ ਮੈਂ ਵੱਸਣ ਲਈ ਸੋਹਣੀ ਥਾਂ ਲੱਭ ਲਈ ਹੈ, ਉਥੇ ਸਦਾ ਸੁਖ ਹੀ ਸੁਖ ਹੈ ।੧।ਰਹਾਉ।

(ਜਿਸ ਆਤਮਕ ਅਵਸਥਾ-ਰੂਪ ਸ਼ਹਿਰ ਵਿਚ ਮੈਂ ਵੱਸਦਾ ਹਾਂ) ਉਸ ਸ਼ਹਿਰ ਦਾ ਨਾਮ ਹੈ ਬੇ-ਗ਼ਮਪੁਰਾ (ਭਾਵ, ਉਸ ਅਵਸਥਾ ਵਿਚ ਕੋਈ ਗ਼ਮ ਨਹੀਂ ਪੋਹ ਸਕਦਾ); ਉਸ ਥਾਂ ਨਾਹ ਕੋਈ ਦੁੱਖ ਹੈ, ਨਾਹ ਚਿੰਤਾ ਅਤੇ ਨਾਹ ਕੋਈ ਘਬਰਾਹਟ, ਉਥੇ ਦੁਨੀਆ ਵਾਲੀ ਜਾਇਦਾਦ ਨਹੀਂ ਅਤੇ ਨਾਹ ਹੀ ਉਸ ਜਾਇਦਾਦ ਨੂੰ ਮਸੂਲ ਹੈ; ਉਸ ਅਵਸਥਾ ਵਿਚ ਕਿਸੇ ਪਾਪ ਕਰਮ ਕਰਨ ਦਾ ਖ਼ਤਰਾ ਨਹੀਂ; ਕੋਈ ਡਰ ਨਹੀਂ; ਕੋਈ ਗਿਰਾਵਟ ਨਹੀਂ ।੧।

ਉਹ (ਆਤਮਕ ਅਵਸਥਾ ਇਕ ਐਸੀ) ਪਾਤਸ਼ਾਹੀ (ਹੈ ਜੋ) ਸਦਾ ਹੀ ਟਿਕੀ ਰਹਿਣ ਵਾਲੀ ਹੈ, ਉਥੇ ਕਿਸੇ ਦਾ ਦੂਜਾ ਤੀਜਾ ਦਰਜਾ ਨਹੀਂ, ਸਭ ਇਕੋ ਜਿਹੇ ਹਨ; ਉਹ ਸ਼ਹਿਰ ਸਦਾ ਉੱਘਾ ਹੈ ਤੇ ਵੱਸਦਾ ਹੈ, ਉਥੇ ਧਨੀ ਤੇ ਰੱਜੇ ਹੋਏ ਬੰਦੇ ਵੱਸਦੇ ਹਨ (ਭਾਵ, ਉਸ ਆਤਮਕ ਦਰਜੇ ਤੇ ਜੋ ਜੋ ਅੱਪੜਦੇ ਹਨ ਉਹਨਾਂ ਦੇ ਅੰਦਰ ਕੋਈ ਵਿਤਕਰਾ ਨਹੀਂ ਰਹਿੰਦਾ ਤੇ ਉਹਨਾਂ ਨੂੰ ਦੁਨੀਆ ਦੀ ਭੁੱਖ ਨਹੀਂ ਰਹਿੰਦੀ) ।੨।

(ਉਸ ਆਤਮਕ ਸ਼ਹਿਰ ਵਿਚ ਅੱਪੜੇ ਹੋਏ ਬੰਦੇ ਉਸ ਅਵਸਥਾ ਵਿਚ) ਅਨੰਦ ਨਾਲ ਵਿਚਰਦੇ ਹਨ; ਉਹ ਉਸ (ਰੱਬੀ) ਮਹਲ ਦੇ ਭੇਤੀ ਹੁੰਦੇ ਹਨ; (ਇਸ ਵਾਸਤੇ) ਕੋਈ (ਉਹਨਾਂ ਦੇ ਰਾਹ ਵਿਚ) ਰੋਕ ਨਹੀਂ ਪਾ ਸਕਦਾ । ਚਮਿਆਰ ਰਵਿਦਾਸ ਜਿਸ ਨੇ (ਦੁਖ-ਅੰਦੋਹ ਤਸ਼ਵੀਸ਼ ਆਦਿਕ ਤੋਂ) ਖ਼ਲਾਸੀ ਪਾ ਲਈ ਹੈ ਆਖਦਾ ਹੈ—ਅਸਾਡਾ ਮਿੱਤਰ ਉਹ ਹੈ ਜੋ ਅਸਾਡਾ ਸਤਸੰਗੀ ਹੈ ।੩।੨।

ਭਾਵ:- ਪ੍ਰਭੂ ਨਾਲ ਮਿਲਾਪ ਵਾਲੀ ਆਤਮਕ ਅਵਸਥਾ ਵਿਚ ਸਦਾ ਅਨੰਦ ਹੀ ਅਨੰਦ ਬਣਿਆ ਰਹਿੰਦਾ ਹੈ ।

ੴ ਸਤਿਗੁਰ ਪ੍ਰਸਾਦਿ ॥ ਗਉੜੀ ਬੈਰਾਗਣਿ ਰਵਿਦਾਸ ਜੀਉ ॥ ਘਟ ਅਵਘਟ ਡੂਗਰ ਘਣਾ ਇਕੁ ਨਿਰਗੁਣੁ ਬੈਲੁ ਹਮਾਰ ॥ ਰਮਈਏ ਸਿਉ ਇਕ ਬੇਨਤੀ ਮੇਰੀ ਪੂੰਜੀ ਰਾਖੁ ਮੁਰਾਰਿ ॥੧॥ ਕੋ ਬਨਜਾਰੋ ਰਾਮ ਕੋ ਮੇਰਾ ਟਾਂਡਾ ਲਾਦਿਆ ਜਾਇ ਰੇ ॥੧॥ ਰਹਾਉ ॥ ਹਉ ਬਨਜਾਰੋ ਰਾਮ ਕੋ ਸਹਜ ਕਰਉ ਬ੍ਯ੍ਯਾਪਾਰੁ ॥ ਮੈ ਰਾਮ ਨਾਮ ਧਨੁ ਲਾਦਿਆ ਬਿਖੁ ਲਾਦੀ ਸੰਸਾਰਿ ॥੨॥ ਉਰਵਾਰ ਪਾਰ ਕੇ ਦਾਨੀਆ ਲਿਖਿ ਲੇਹੁ ਆਲ ਪਤਾਲੁ ॥ ਮੋਹਿ ਜਮ ਡੰਡੁ ਨ ਲਾਗਈ ਤਜੀਲੇ ਸਰਬ ਜੰਜਾਲ ॥੩॥ ਜੈਸਾ ਰੰਗੁ ਕਸੁੰਭ ਕਾ ਤੈਸਾ ਇਹੁ ਸੰਸਾਰੁ ॥ ਮੇਰੇ ਰਮਈਏ ਰੰਗੁ ਮਜੀਠ ਕਾ ਕਹੁ ਰਵਿਦਾਸ ਚਮਾਰ ॥੪॥੧॥ {ਪੰਨਾ 345-346}

ਪਦਅਰਥ:- ਘਟ—ਰਸਤੇ । ਅਵਘਟ—ਔਖੇ । ਡੂਗਰ—ਪਹਾੜੀ, ਪਹਾੜ ਦਾ । ਘਣਾ—ਬਹੁਤਾ । ਨਿਰਗੁਨੁ—ਗੁਣ-ਹੀਨ, ਮਾੜਾ ਜਿਹਾ । ਹਮਾਰ—ਅਸਾਡਾ, ਮੇਰਾ । ਰਮਈਆ—ਸੋਹਣਾ ਰਾਮ । ਮੁਰਾਰੀ—ਹੇ ਮੁਰਾਰੀ! ਹੇ ਪ੍ਰਭੂ! ।੧।

ਕੋ—ਕੋਈ । ਬਨਜਾਰੋ—ਵਣਜ ਕਰਨ ਵਾਲਾ, ਵਪਾਰੀ । ਟਾਂਡਾ—ਬਲਦਾਂ ਜਾਂ ਗੱਡਿਆਂ ਰੇੜ੍ਹਿਆਂ ਦਾ ਸਮੂੰਹ

ਜਿਨ੍ਹਾਂ ਉਤੇ ਵਪਾਰ-ਸੌਦਾਗਰੀ ਦਾ ਮਾਲ ਲੱਦਿਆ ਹੋਇਆ ਹੋਵੇ, ਕਾਫ਼ਲਾ । ਰੇ—ਹੇ ਭਾਈ! ਲਾਦਿਆ ਜਾਇ—ਲੱਦਿਆ ਜਾ ਸਕੇ ।੧।ਰਹਾਉ।

ਸਹਜ ਬ੍ਹਾਪਾਰੁ—ਸਹਜ ਦਾ ਵਾਪਾਰ, ਅਡੋਲਤਾ ਦਾ ਵਣਜ, ਉਹ ਵਣਜ ਜਿਸ ਵਿਚੋਂ ਸ਼ਾਂਤੀ-ਰੂਪ ਖੱਟੀ ਹਾਸਲ ਹੋਵੇ । ਕਰਉ—ਕਰਉਂ, ਮੈਂ ਕਰਦਾ ਹਾਂ । ਹਉ—ਮੈਂ । ਬਿਖੁ—ਜ਼ਹਿਰ, ਆਤਮਕ ਜੀਵਨ ਨੂੰ ਮਾਰ ਦੇਣ ਵਾਲੀ ਵਸਤ । ਸੰਸਾਰਿ—ਸੰਸਾਰ ਨੇ, ਦੁਨੀਆ-ਦਾਰਾਂ ਨੇ ।੨।

ਦਾਨੀਆ-ਜਾਣਨ ਵਾਲਿਓ! ਉਰਵਾਰ ਪਾਰ ਕੇ ਦਾਨੀਆ—ਉਰਲੇ ਤੇ ਪਾਰਲੇ ਪਾਸੇ ਦੀਆਂ ਜਾਣਨ ਵਾਲਿਓ! ਜੀਵਾਂ ਦੇ ਲੋਕ ਪਰਲੋਕ ਵਿਚ ਕੀਤੇ ਕੰਮਾਂ ਨੂੰ ਜਾਣਨ ਵਾਲਿਓ! ਆਲ ਪਤਾਲੁ—ਊਲ ਜਲੂਲ, ਮਨ-ਮਰਜ਼ੀ ਦੀਆਂ ਗੱਲਾਂ । ਮੋਹਿ—ਮੈਨੂੰ । ਡੰਡੁ—ਡੰਨ । ਤਜੀਲੇ—ਛੱਡ ਦਿੱਤੇ ਹਨ ।੩।

ਰਮਈਏ ਰੰਗੁ—ਸੋਹਣੇ ਰਾਮ (ਦੇ ਨਾਮ) ਦਾ ਰੰਗ । ਮਜੀਠ ਰੰਗੁ—ਮਜੀਠ ਦਾ ਰੰਗ, ਪੱਕਾ ਰੰਗ ਜਿਵੇਂ ਮਜੀਠ ਦਾ ਰੰਗ ਹੁੰਦਾ ਹੈ, ਕਦੇ ਨਾਹ ਉਤਰਨ ਵਾਲਾ ਰੰਗ ।੪।

ਅਰਥ:- ਹੇ ਭਾਈ! (ਜੇ ਸੋਹਣੇ ਪ੍ਰਭੂ ਦੀ ਕਿਰਪਾ ਨਾਲ) ਪ੍ਰਭੂ ਦੇ ਨਾਮ ਦਾ ਵਣਜ ਕਰਨ ਵਾਲਾ ਕੋਈ ਬੰਦਾ ਮੈਨੂੰ ਮਿਲ ਪਏ ਤਾਂ ਮੇਰਾ ਮਾਲ ਭੀ ਲੱਦਿਆ ਜਾ ਸਕੇ (ਭਾਵ, ਤਾਂ ਉਸ ਗੁਰਮੁਖਿ ਦੀ ਸਹਾਇਤਾ ਨਾਲ ਮੈਂ ਭੀ ਹਰਿ-ਨਾਮ-ਰੂਪ ਦਾ ਵਣਜ ਕਰ ਸਕਾਂ) ।੧।ਰਹਾਉ।

(ਜਿਨਹੀਂ ਰਾਹੀਂ ਪ੍ਰਭੂ ਦੇ ਨਾਮ ਦਾ ਸੌਦਾ ਲੱਦ ਕੇ ਲੈ ਜਾਣ ਵਾਲਾ ਮੇਰਾ ਟਾਂਡਾ ਲੰਘਣਾ ਹੈ, ਉਹ) ਰਸਤੇ ਬੜੇ ਔਖੇ ਪਹਾੜੀ ਰਸਤੇ ਹਨ, ਤੇ ਮੇਰਾ (ਮਨ-) ਬਲਦ ਮਾੜਾ ਜਿਹਾ ਹੈ; ਪਿਆਰੇ ਪ੍ਰਭੂ ਅੱਗੇ ਹੀ ਮੇਰੀ ਅਰਜ਼ੋਈ ਹੈ—ਹੇ ਪ੍ਰਭੂ! ਮੇਰੀ ਰਾਸਿ-ਪੂੰਜੀ ਦੀ ਤੂੰ ਆਪ ਰੱਖਿਆ ਕਰੀਂ ।੧।

{ਨੋਟ:- ਅੱਖ ਕੰਨ ਜੀਭ ਆਦਿਕ ਗਿਆਨ-ਇੰਦ੍ਰਿਆਂ ਦਾ ਇਕੱਠ ਮਨੁੱਖ-ਵਣਜਾਰੇ ਦਾ ਟਾਂਡਾ ਹੈ, ਇਹਨਾਂ ਨੇ ਨਾਮ-ਵਪਾਰ ਲੱਦਣਾ ਹੈ, ਪਰ ਇਹਨਾਂ ਦੇ ਰਾਹ ਵਿਚ ਰੂਪ ਰਸ ਆਦਿਕ ਔਖੀਆਂ ਘਾਟੀਆਂ ਹਨ ।}

ਮੈਂ ਪ੍ਰਭੂ ਦੇ ਨਾਮ ਦਾ ਵਪਾਰੀ ਹਾਂ; ਮੈਂ ਇਹ ਐਸਾ ਵਪਾਰ ਕਰ ਰਿਹਾ ਹਾਂ ਜਿਸ ਵਿਚੋਂ ਮੈਨੂੰ ਸਹਿਜ ਅਵਸਥਾ ਦੀ ਖੱਟੀ ਹਾਸਲ ਹੋਵੇ । (ਪ੍ਰਭੂ ਦੀ ਮਿਹਰ ਨਾਲ) ਮੈਂ ਪ੍ਰਭੂ ਦੇ ਨਾਮ ਦਾ ਸੌਦਾ ਲੱਦਿਆ ਹੈ, ਪਰ ਸੰਸਾਰ ਨੇ (ਆਤਮਕ ਮੌਤ ਲਿਆਉਣ ਵਾਲੀ ਮਾਇਆ-ਰੂਪ) ਜ਼ਹਿਰ ਦਾ ਵਪਾਰ ਕੀਤਾ ਹੈ ।੨।

ਜੀਵਾਂ ਦੀਆਂ ਲੋਕ ਪਰਲੋਕ ਦੀਆਂ ਸਭ ਕਰਤੂਤਾਂ ਜਾਣਨ ਵਾਲੇ ਹੇ ਚਿਤ੍ਰਗੁਪਤੋ! (ਮੇਰੇ ਬਾਰੇ) ਜੋ ਤੁਹਾਡਾ ਜੀਅ ਕਰੇ ਲਿਖ ਲੈਣਾ (ਭਾਵ, ਜਮਰਾਜ ਪਾਸ ਪੇਸ਼ ਕਰਨ ਲਈ ਮੇਰੇ ਕੰਮਾਂ ਵਿਚੋਂ ਕੋਈ ਗੱਲ ਤੁਹਾਨੂੰ ਲੱਭਣੀ ਹੀ ਨਹੀਂ, ਕਿਉਂਕਿ ਪ੍ਰਭੂ ਦੀ ਕ੍ਰਿਪਾ ਨਾਲ) ਮੈਂ ਸਾਰੇ ਜੰਜਾਲ ਛੱਡ ਦਿੱਤੇ ਹੋਏ ਹਨ, ਤਾਹੀਏਂ ਮੈਨੂੰ ਜਮ ਦਾ ਡੰਨ ਲੱਗਣਾ ਹੀ ਨਹੀਂ ।੩।

ਹੇ ਚਮਾਰ ਰਵਿਦਾਸ! ਆਖ—(ਜਿਉਂ ਜਿਉਂ ਮੈਂ ਰਾਮ ਨਾਮ ਦਾ ਵਣਜ ਕਰ ਰਿਹਾ ਹਾਂ, ਮੈਨੂੰ ਯਕੀਨ ਆ ਰਿਹਾ ਹੈ ਕਿ) ਇਹ ਜਗਤ ਇਉਂ ਹੈ ਜਿਵੇਂ ਕਸੁੰਭੇ ਦਾ ਰੰਗ, ਤੇ ਮੇਰੇ ਪਿਆਰੇ ਰਾਮ ਦਾ ਨਾਮ-ਰੰਗ ਇਉਂ ਹੈ ਜਿਵੇਂ ਮਜੀਠ ਦਾ ਰੰਗ ।੪।

ਨੋਟ:- ਇਸ ਸ਼ਬਦ ਦੇ ਪਹਿਲੇ ਬੰਦ ਵਿਚ ਭਗਤ ਰਵਿਦਾਸ ਜੀ 'ਰਮਈਏ' ਅਗੇ ਬੇਨਤੀ ਕਰਨ ਵੇਲੇ ਉਸ ਨੂੰ 'ਮੁਰਾਰਿ' ਲਫ਼ਜ਼ ਨਾਲ ਸੰਬੋਧਨ ਕਰਦੇ ਹਨ । ਜੇ ਇਹ ਕਿਸੇ ਖ਼ਾਸ ਇਕ ਅਵਤਾਰ ਦੇ ਪੁਜਾਰੀ ਹੁੰਦੇ ਤਾਂ ਸ੍ਰੀ ਰਾਮਚੰਦਰ ਜੀ ਵਾਸਤੇ ਲਫ਼ਜ਼ 'ਮੁਰਾਰਿ' ਨਾਹ ਵਰਤਦੇ, ਕਿਉਂਕਿ 'ਮੁਰਾਰਿ' ਤਾਂ ਕ੍ਰਿਸ਼ਨ ਜੀ ਦਾ ਨਾਮ ਹੈ ।

ਭਾਵ:- ਸਤਸੰਗੀਆਂ ਵਿਚ ਮਿਲ ਕੇ ਨਾਮ-ਧਨ ਖੱਟਿਆਂ ਵਿਕਾਰਾਂ ਦਾ ਭਾਰ ਲਹਿ ਜਾਂਦਾ ਹੈ ।

ਗਉੜੀ ਪੂਰਬੀ ਰਵਿਦਾਸ ਜੀਉ ੴ ਸਤਿਗੁਰ ਪ੍ਰਸਾਦਿ ॥ ਕੂਪੁ ਭਰਿਓ ਜੈਸੇ ਦਾਦਿਰਾ ਕਛੁ ਦੇਸੁ ਬਿਦੇਸੁ ਨ ਬੂਝ ॥ ਐਸੇ ਮੇਰਾ ਮਨੁ ਬਿਖਿਆ ਬਿਮੋਹਿਆ ਕਛੁ ਆਰਾ ਪਾਰੁ ਨ ਸੂਝ ॥੧॥ ਸਗਲ ਭਵਨ ਕੇ ਨਾਇਕਾ ਇਕੁ ਛਿਨੁ ਦਰਸੁ ਦਿਖਾਇ ਜੀ ॥੧॥ ਰਹਾਉ ॥ ਮਲਿਨ ਭਈ ਮਤਿ ਮਾਧਵਾ ਤੇਰੀ ਗਤਿ ਲਖੀ ਨ ਜਾਇ ॥ ਕਰਹੁ ਕ੍ਰਿਪਾ ਭ੍ਰਮੁ ਚੂਕਈ ਮੈ ਸੁਮਤਿ ਦੇਹੁ ਸਮਝਾਇ ॥੨॥ ਜੋਗੀਸਰ ਪਾਵਹਿ ਨਹੀ ਤੁਅ ਗੁਣ ਕਥਨੁ ਅਪਾਰ ॥ ਪ੍ਰੇਮ ਭਗਤਿ ਕੈ ਕਾਰਣੈ ਕਹੁ ਰਵਿਦਾਸ ਚਮਾਰ ॥੩॥੧॥ {ਪੰਨਾ 346}

ਪਦਅਰਥ:- ਕੂਪੁ—ਖੂਹ । ਦਾਦਿਰਾ—ਡੱਡੂ । ਬਿਦੇਸੁ—ਪਰਦੇਸ । ਬੂਝ—ਸਮਝ, ਵਾਕਫ਼ੀਅਤ । ਐਸੇ—ਇਸੇ ਤਰ੍ਹਾਂ । ਬਿਖਿਆ—ਮਾਇਆ । ਬਿਮੋਹਿਆ—ਚੰਗੀ ਤਰ੍ਹਾਂ ਮੋਹਿਆ ਹੋਇਆ । ਆਰਾ ਪਾਰੁ—ਉਰਲਾ ਤੇ ਪਾਰਲਾ ਬੰਨਾ । ਨ ਸੂਝ—ਨਹੀਂ ਸੁੱਝਦਾ ।੧।

ਨਾਇਕਾ—ਹੇ ਮਾਲਕਾ! ਦਰਸੁ—ਦੀਦਾਰ ।੧।ਰਹਾਉ।

ਮਲਿਨ—ਮਲੀਨ, ਮੈਲੀ । ਮਤਿ—ਅਕਲ । ਮਾਧਵਾ—ਹੇ ਪ੍ਰਭੂ! ਗਤਿ—ਹਾਲਤ । ਲਖੀ ਨ ਜਾਇ—ਪਛਾਣੀ ਨਹੀਂ ਜਾ ਸਕਦੀ । ਭ੍ਰਮੁ—ਭਟਕਣਾ । ਚੂਕਈ—ਮੁੱਕ ਜਾਏ । ਮੈ—ਮੈਨੂੰ ।੨।

ਜੋਗੀਸਰ—ਜੋਗੀ+ਈਸਰ, ਵੱਡੇ ਵੱਡੇ ਜੋਗੀ । ਕਥਨੁ ਨਹੀ ਪਾਵਹਿ—ਅੰਤ ਨਹੀਂ ਪਾ ਸਕਦੇ । ਕੈ ਕਾਰਣੈ—ਦੀ ਖ਼ਾਤਰ । ਪ੍ਰੇਮ ਕੈ ਕਾਰਣੈ—ਪ੍ਰੇਮ (ਦੀ ਦਾਤਿ) ਹਾਸਲ ਕਰਨ ਲਈ । ਕਹੁ—ਆਖ । ਗੁਣ ਕਹੁ—ਗੁਣ ਬਿਆਨ ਕਰ, ਸਿਫ਼ਤਿ-ਸਾਲਾਹ ਕਰ । ਤੁਅ—ਤੇਰੇ ।੩।

ਅਰਥ:- ਜਿਵੇਂ (ਕੋਈ) ਖੂਹ ਡੱਡੂਆਂ ਨਾਲ ਭਰਿਆ ਹੋਇਆ ਹੋਵੇ, (ਉਹਨਾਂ ਡੱਡੂਆਂ ਨੂੰ) ਕੋਈ ਵਾਕਫ਼ੀ ਨਹੀਂ ਹੁੰਦੀ (ਕਿ ਇਸ ਖੂਹ ਤੋਂ ਬਾਹਰ ਕੋਈ ਹੋਰ) ਦੇਸ ਪਰਦੇਸ ਭੀ ਹੈ; ਤਿਵੇਂ ਮੇਰਾ ਮਨ ਮਾਇਆ (ਦੇ ਖੂਹ) ਵਿਚ ਇਤਨਾ ਚੰਗੀ ਤਰ੍ਹਾਂ ਫਸਿਆ ਹੋਇਆ ਹੈ ਕਿ ਇਸ ਨੂੰ (ਮਾਇਆ ਦੇ ਖੂਹ ਵਿਚੋਂ ਨਿਕਲਣ ਲਈ) ਕੋਈ ਉਰਲਾ ਪਾਰਲਾ ਬੰਨਾ ਨਹੀਂ ਸੁੱਝਦਾ ।੧।

ਹੇ ਸਾਰੇ ਭਵਨਾਂ ਦੇ ਸਰਦਾਰ! ਮੈਨੂੰ ਇਕ ਖਿਨ ਭਰ ਲਈ (ਹੀ) ਦੀਦਾਰ ਦੇਹ ।੧।ਰਹਾਉ।

ਹੇ ਪ੍ਰਭੂ! ਮੇਰੀ ਅਕਲ (ਵਿਕਾਰਾਂ ਨਾਲ) ਮੈਲੀ ਹੋਈ ਪਈ ਹੈ, (ਇਸ ਵਾਸਤੇ) ਮੈਨੂੰ ਤੇਰੀ ਗਤੀ ਦੀ ਪਛਾਣ ਨਹੀਂ ਆਉਂਦੀ (ਭਾਵ, ਮੈਨੂੰ ਸਮਝ ਨਹੀਂ ਪੈਂਦੀ ਕਿ ਤੂੰ ਕਿਹੋ ਜਿਹਾ ਹੈਂ) । ਹੇ ਪ੍ਰਭੂ! ਮੇਹਰ ਕਰ, ਮੈਨੂੰ ਸੁਚੱਜੀ ਮੱਤ ਸਮਝਾ, (ਤਾਕਿ) ਮੇਰੀ ਭਟਕਣਾ ਮੁੱਕ ਜਾਏ ।੨।

(ਹੇ ਪ੍ਰਭੂ!) ਵੱਡੇ ਵੱਡੇ ਜੋਗੀ (ਭੀ) ਤੇਰੇ ਬੇਅੰਤ ਗੁਣਾਂ ਦਾ ਅੰਤ ਨਹੀਂ ਪਾ ਸਕਦੇ, (ਪਰ) ਹੇ ਰਵਿਦਾਸ ਚਮਾਰ! ਤੂੰ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰ, ਤਾਕਿ ਤੈਨੂੰ ਪ੍ਰੇਮ ਤੇ ਭਗਤੀ ਦੀ ਦਾਤਿ ਮਿਲ ਸਕੇ ।੩।੧।

ਭਾਵ:- ਪ੍ਰਭੂ-ਦਰ ਤੇ ਅਰਦਾਸਿ—ਹੇ ਪ੍ਰਭੂ! ਮੇਰੇ ਮਾਇਆ-ਮੋਹੇ ਮਨ ਨੂੰ ਆਪਣਾ ਦੀਦਾਰ ਬਖ਼ਸ਼ ਕੇ ਚੰਗੀ ਮੱਤੇ ਲਾਵੋ ।

ਗਉੜੀ ਬੈਰਾਗਣਿ ੴ ਸਤਿਗੁਰ ਪ੍ਰਸਾਦਿ ॥ ਸਤਜੁਗਿ ਸਤੁ ਤੇਤਾ ਜਗੀ ਦੁਆਪਰਿ ਪੂਜਾਚਾਰ ॥ ਤੀਨੌ ਜੁਗ ਤੀਨੌ ਦਿੜੇ ਕਲਿ ਕੇਵਲ ਨਾਮ ਅਧਾਰ ॥੧॥ ਪਾਰੁ ਕੈਸੇ ਪਾਇਬੋ ਰੇ ॥ ਮੋ ਸਉ ਕੋਊ ਨ ਕਹੈ ਸਮਝਾਇ ॥ ਜਾ ਤੇ ਆਵਾ ਗਵਨੁ ਬਿਲਾਇ ॥੧॥ ਰਹਾਉ ॥ ਬਹੁ ਬਿਧਿ ਧਰਮ ਨਿਰੂਪੀਐ ਕਰਤਾ ਦੀਸੈ ਸਭ ਲੋਇ ॥ ਕਵਨ ਕਰਮ ਤੇ ਛੂਟੀਐ ਜਿਹ ਸਾਧੇ ਸਭ ਸਿਧਿ ਹੋਇ ॥੨॥ ਕਰਮ ਅਕਰਮ ਬੀਚਾਰੀਐ ਸੰਕਾ ਸੁਨਿ ਬੇਦ ਪੁਰਾਨ ॥ ਸੰਸਾ ਸਦ ਹਿਰਦੈ ਬਸੈ ਕਉਨੁ ਹਿਰੈ ਅਭਿਮਾਨੁ ॥੩॥ ਬਾਹਰੁ ਉਦਕਿ ਪਖਾਰੀਐ ਘਟ ਭੀਤਰਿ ਬਿਬਿਧਿ ਬਿਕਾਰ ॥ ਸੁਧ ਕਵਨ ਪਰ ਹੋਇਬੋ ਸੁਚ ਕੁੰਚਰ ਬਿਧਿ ਬਿਉਹਾਰ ॥੪॥ ਰਵਿ ਪ੍ਰਗਾਸ ਰਜਨੀ ਜਥਾ ਗਤਿ ਜਾਨਤ ਸਭ ਸੰਸਾਰ ॥ ਪਾਰਸ ਮਾਨੋ ਤਾਬੋ ਛੁਏ ਕਨਕ ਹੋਤ ਨਹੀ ਬਾਰ ॥੫॥ ਪਰਮ ਪਰਸ ਗੁਰੁ ਭੇਟੀਐ ਪੂਰਬ ਲਿਖਤ ਲਿਲਾਟ ॥ ਉਨਮਨ ਮਨ ਮਨ ਹੀ ਮਿਲੇ ਛੁਟਕਤ ਬਜਰ ਕਪਾਟ ॥੬॥ ਭਗਤਿ ਜੁਗਤਿ ਮਤਿ ਸਤਿ ਕਰੀ ਭ੍ਰਮ ਬੰਧਨ ਕਾਟਿ ਬਿਕਾਰ ॥ ਸੋਈ ਬਸਿ ਰਸਿ ਮਨ ਮਿਲੇ ਗੁਨ ਨਿਰਗੁਨ ਏਕ ਬਿਚਾਰ ॥੭॥ ਅਨਿਕ ਜਤਨ ਨਿਗ੍ਰਹ ਕੀਏ ਟਾਰੀ ਨ ਟਰੈ ਭ੍ਰਮ ਫਾਸ ॥ ਪ੍ਰੇਮ ਭਗਤਿ ਨਹੀ ਊਪਜੈ ਤਾ ਤੇ ਰਵਿਦਾਸ ਉਦਾਸ ॥੮॥੧॥ {ਪੰਨਾ 346}

ਨੋਟ:- 'ਰਹਾਉ' ਦੀਆਂ ਤੁਕਾਂ ਵਿਚ ਰਵਿਦਾਸ ਜੀ ਆਖਦੇ ਹਨ ਕਿ ਕੋਈ ਮਨੁੱਖ ਮੈਨੂੰ ਇਹ ਗੱਲ ਨਹੀਂ ਸਮਝਾ ਕੇ ਦੱਸਦਾ ਜੁ ਜਨਮ ਮਰਨ ਦਾ ਗੇੜ ਕਿਵੇਂ ਮੁੱਕੇਗਾ, ਤੇ ਜਗਤ ਦੇ ਸੰਹਸਿਆਂ ਵਿਚੋਂ ਖ਼ਲਾਸੀ ਕਿਵੇਂ ਹੋਵੇਗੀ ।

ਜਦੋਂ ਅਸੀ ਸ਼ਬਦ ਦੇ ਬਾਕੀ ਦੇ ਬੰਦ ਪੜ੍ਹਦੇ ਹਾਂ, ਤਾਂ ਇਹਨਾਂ ਵਿਚ ਭਗਤ ਜੀ ਆਖਦੇ ਹਨ ਕਿ (ਪੰਡਿਤ) ਲੋਕ ਕਈ ਤਰ੍ਹਾਂ ਦੇ ਕਰਮ ਕਾਂਡ ਦੀ ਆਗਿਆ ਕਰ ਰਹੇ ਹਨ । ਪਰ ਰਵਿਦਾਸ ਜੀ ਦੇ ਖ਼ਿਆਲ ਅਨੁਸਾਰ ਇਹ ਸਾਰੇ ਕਰਮ-ਧਰਮ ਵਿਕਾਰਾਂ ਸੰਹਸਿਆਂ ਤੋਂ ਪਾਰ ਨਹੀਂ ਲੰਘਾ ਸਕਦੇ । ਬੰਦ ਨੰ: ੪ ਤਕ ਆਪ ਇਹੀ ਗੱਲ ਆਖਦੇ ਜਾ ਰਹੇ ਹਨ । ਬੰਦ ਨੰ: ੫ ਤੋਂ ਭਗਤ ਜੀ ਨੇ ਆਪਣਾ ਮਤ ਦੱਸਣਾ ਸ਼ੁਰੂ ਕੀਤਾ ਹੈ ਕਿ ਗੁਰੂ-ਪਾਰਸ ਨੂੰ ਮਿਲਿਆਂ ਵਿਕਾਰਾਂ ਵਿਚ ਮਨੂਰ ਹੋਇਆ ਮਨ ਸੋਨਾ ਬਣ ਜਾਂਦਾ ਹੈ । ਅਖ਼ੀਰਲੇ ਬੰਦ ਵਿਚ ਫਿਰ ਆਖਦੇ ਹਨ ਕਿ ਕਰਮ ਕਾਂਡ ਆਦਿਕ ਦੇ ਹੋਰ ਸਾਰੇ ਜਤਨ ਵਿਅਰਥ ਹਨ, ਇਹਨਾਂ ਨਾਲ ਪ੍ਰਭੂ ਦੀ ਪ੍ਰੇਮਾ-ਭਗਤੀ ਪੈਦਾ ਨਹੀਂ ਹੁੰਦੀ, ਇਸ ਵਾਸਤੇ ਮੈਂ ਇਹ ਕਰਮ-ਕਾਂਡ ਨਹੀਂ ਕਰਦਾ ।

ਸ਼ਬਦ ਦੇ ਬੰਦਾਂ ਦੀ ਇਸ ਤਰਤੀਬ ਤੋਂ ਇਹ ਗੱਲ ਸਾਫ਼ ਦਿੱਸ ਰਹੀ ਹੈ ਕਿ ਪਹਿਲੇ ਬੰਦ ਵਿਚ ਭੀ ਰਵਿਦਾਸ ਜੀ ਪੰਡਿਤ ਲੋਕਾਂ ਦਾ ਹੀ ਮਤ ਬਿਆਨ ਕਰ ਰਹੇ ਹਨ, ਉਹਨਾਂ ਦੇ ਆਪਣੇ ਮਤ ਦਾ ਇਸ ਵਿਚ ਕੋਈ ਜ਼ਿਕਰ ਨਹੀਂ ਹੈ । ਹਿੰਦੂਆਂ ਦੇ ਪੁਰਾਣੇ ਧਰਮ-ਪੁਸਤਕ ਹੀ ਜੁਗਾਂ ਦੀ ਵੰਡ ਕਰਦੇ ਆਏ ਹਨ, ਤੇ, ਹਰੇਕ ਜੁਗ ਦਾ ਵਖ-ਵਖ ਧਰਮ ਦੱਸਦੇ ਆਏ ਹਨ । ਮਿਸਾਲ ਦੇ ਤੌਰ ਤੇ, ਪੁਸਤਕ 'ਮਹਾਭਾਰਤ' ਵਿਚ ਜੁਗਾਂ ਦੀ ਵੰਡ ਬਾਰੇ ਇਉਂ ਜ਼ਿਕਰ ਆਉਂਦਾ ਹੈ:

¬wpr| mN>_i#q0q|, <wn_i#q: øq| XÀo]
>|qwXw XI§_i#q0q|, s|G_i#q: k l0XÀo ॥

ਦ੍ਵਾਪਰੇ ਮੰਤ੍ਰਸ਼ਕਤਿਸਤੁ, ਗਜਾਨਸ਼ਕਿਤ: ਕ੍ਰਿਤੇ ਯੁਗੇ ॥
ਤ੍ਰੇਤਾਯਾਂ ਯੁੱਧ ਸ਼ਕਿਤਸਤੁ, ਸੰਘ-ਸ਼ਕਤਿ: ਕਲੌ ਯੁਗੇ ॥

ਪਰ ਰਵਿਦਾਸ ਜੀ ਹਿੰਦੂ–ਸ਼ਾਸਤ੍ਰਾਂ ਦੀ ਕਿਸੇ ਕਿਸਮ ਦੀ ਜੁਗਾਂ ਦੀ ਵੰਡ ਨਾਲ ਸਹਿਮਤ ਨਹੀਂ ਹਨ । ਜੇ ਰਤਾ ਵਿਚਾਰ ਕੇ ਭੀ ਵੇਖੀਏ, ਤਾਂ ਇਹ ਕਿਵੇਂ ਹੋ ਸਕਦਾ ਹੈ ਕਿ ਕਦੇ ਤਾਂ ਘੋੜੇ ਆਦਿਕ ਮਾਰ ਕੇ ਜੱਗ ਕਰਨਾ ਜੀਵਨ ਦਾ ਸਹੀ ਰਸਤਾ ਹੋਵੇ, ਕਦੇ ਤੀਰਥਾਂ ਦਾ ਇਸ਼ਨਾਨ ਮਨੁੱਖਾ ਜਨਮ ਦਾ ਮਨੋਰਥ ਹੋਵੇ, ਕਦੇ ਦੇਵਤਿਆਂ ਦੀ ਪੂਜਾ ਤੇ ਕਦੇ ਅਵਤਾਰਾਂ ਦੀ ਪੂਜਾ ਇਨਸਾਨੀ ਫ਼ਰਜ਼ ਹੋਵੇ । ਕੁਦਰਤਿ ਦੇ ਨਿਯਮ ਸਦਾ ਅਟਲ ਹਨ, ਜਦ ਤੋਂ ਸ੍ਰਿਸ਼ਟੀ ਬਣੀ ਹੈ, ਤੇ ਜਦ ਤਕ ਬਣੀ ਰਹੇਗੀ, ਇਹਨਾਂ ਨਿਯਮਾਂ ਵਿਚ ਕੋਈ ਫ਼ਰਕ ਨਹੀਂ ਪੈਣਾ । ਜਗਤ ਦੇ ਉਹੀ ਪੰਜ ਤੱਤ ਹੁਣ ਹਨ ਜੋ ਸ੍ਰਿਸ਼ਟੀ ਦੇ ਸ਼ੁਰੂ ਵਿਚ ਸਨ । ਮਨੁੱਖ ਆਪ ਭਟਕਣਾ–ਭੁਲੇਖੇ ਵਿਚ ਪੈ ਕੇ ਭਾਵੇਂ ਕਈ ਕੁਰੀਤੀਆਂ ਫੜ ਲੈਣ, ਪਰ ਪਰਮਾਤਮਾ ਅਤੇ ਉਸ ਦੇ ਪੈਦਾ ਕੀਤੇ ਜੀਵਾਂ ਦਾ ਪਰਸਪਰ ਸੰਬੰਧ ਸਦਾ ਤੋਂ ਇੱਕ–ਸਮਾਨ ਤੁਰਿਆ ਆ ਰਿਹਾ ਹੈ ।

ਇਸ ਸ਼ਬਦ ਵਿਚ ਜੋ ਖ਼ਾਸ ਧਿਆਨ–ਜੋਗ ਗੱਲ ਹੈ ਉਹ ਇਹ ਹੈ ਕਿ ਪਹਿਲੇ ਬੰਦ ਵਿਚ ਰਵਿਦਾਸ ਜੀ ਹਿੰਦੂ–ਸ਼ਾਸਤ੍ਰਾਂ ਦਾ ਹੀ ਪੱਖ ਦੱਸ ਰਹੇ ਹਨ, ਉਹਨਾਂ ਦੀ ਆਪਣੀ ਸੰਮਤੀ ਇਸ ਦੇ ਨਾਲ ਨਹੀਂ ਹੈ । ਇਸ ਵਿਚ ਕੋਈ ਸ਼ੱਕ ਨਹੀਂ ਕਿ ਇਸ ਬੰਦ ਦੇ ਅਖ਼ੀਰ ਤੇ ਅੱਧੀ ਤੁਕ ਇਉਂ ਹੈ "ਕਲਿ ਕੇਵਲ ਨਾਮ ਅਧਾਰ" । ਓਪਰੀ ਨਜ਼ਰੇ ਅਸੀ ਇਸ ਭੁਲੇਖੇ ਵਿਚ ਪੈ ਜਾਂਦੇ ਹਾਂ ਕਿ ਇਹ ਭਗਤ ਜੀ ਦਾ ਆਪਣਾ ਸਿੱਧਾਂਤ ਹੈ, ਪਰ ਇਹ ਗੱਲ ਨਹੀਂ । ਰਵਿਦਾਸ ਜੀ ਇਸ ਦੀ ਬਾਬਤ ਭੀ ਇਹੀ ਆਖਦੇ ਹਨ ਕਿ:

"ਪ੍ਰੇਮ ਭਗਤਿ ਨਹੀ ਊਪਜੈ, ਤਾ ਤੇ ਰਵਿਦਾਸ ਉਦਾਸ"

ਆਸਾ ਦੀ ਵਾਰ ਦੀ ਪਉੜੀ ਨੰ: ੬ ਦੇ ਨਾਲ ਪਹਿਲਾ ਸ਼ਲੋਕ ਭੀ ਇਸੇ ਕਿਸਮ ਦਾ ਹੈ । ਇਸ ਸ਼ਲੋਕ ਵਿਚ ਗੁਰੂ ਨਾਨਕ ਦੇਵ ਜੀ ਮੁਸਲਮਾਨ, ਹਿੰਦੂ, ਜੋਗੀ, ਦਾਨੀ, ਅਤੇ ਵਿਕਾਰੀ—ਇਹਨਾਂ ਦਾ ਜੀਵਨ–ਕਰਤੱਬ ਦੱਸ ਕੇ ਅਖ਼ੀਰ ਤੇ ਆਪਣਾ ਖ਼ਿਆਲ ਇਉਂ ਦੱਸਦੇ ਹਨ ਕਿ:

ਨਾਨਕ ਭਗਤਾ ਭੁਖ ਸਾਲਾਹਣੁ, ਸਚੁ ਨਾਮ ਆਧਾਰੁ ॥ ਸਦਾ ਅਨੰਦਿ ਰਹਹਿ ਦਿਨੁ ਰਾਤੀ, ਗੁਣਵੰਤਿਆ ਪਾ ਛਾਰੁ ॥੧॥੬॥

ਪਰ ਟੀਕਾਕਾਰ ਸੱਜਣ ਇਸ ਸ਼ਲੋਕ ਦੀਆਂ ਪਹਿਲੀਆਂ ਦੋ ਤੁਕਾਂ ਦਾ ਅਰਥ ਕਰਨ ਵੇਲੇ ਟਪਲਾ ਖਾਂਦੇ ਤੁਰੇ ਆ ਰਹੇ ਹਨ; ਤੁਕਾਂ ਇਹ ਹਨ:

"ਮੁਸਲਮਾਨਾ ਸਿਫ਼ਤਿ–ਸਰੀਅਤਿ, ਪੜਿ ਪੜਿ ਕਰਹਿ ਬੀਚਾਰੁ ॥ ਬੰਦੇ ਸੇ ਜਿ ਪਵਹਿ ਵਿਚਿ ਬੰਦੀ, ਵੇਖਣ ਕਉ ਦੀਦਾਰੁ" ॥

ਇਥੇ ਆਮ ਤੌਰ ਤੇ ਲੋਕ ਦੂਜੀ ਤੁਕ ਵਿਚ ਗੁਰੂ ਨਾਨਕ ਦੇਵ ਜੀ ਦਾ ਆਪਣਾ ਸਿੱਧਾਂਤ ਸਮਝਦੇ ਹਨ, ਪਰ ਇਹ ਖ਼ਿਆਲ ਉੱਕਾ ਹੀ ਗ਼ਲਤ ਹੈ; ਇਥੇ ਮੁਸਲਮਾਨੀ ਸ਼ਰਹ ਦਾ ਹੀ ਜ਼ਿਕਰ ਹੈ {ਪੜ੍ਹੋ ਮੇਰਾ "ਆਸਾ ਦੀ ਵਾਰ ਸਟੀਕ"} ।

ਇਸ ਤਰ੍ਹਾਂ ਰਵਿਦਾਸ ਜੀ "ਕਲਿ ਕੇਵਲ ਨਾਮ ਅਧਾਰ" ਵਿਚ ਆਪਣਾ ਮਤ ਨਹੀਂ ਦੱਸ ਰਹੇ, ਉਹ ਤਾਂ ਇਹ ਗੱਲ ਆਖ ਕੇ ਅਗਾਂਹ ਨਾਲ ਹੀ ਇਹ ਆਖਦੇ ਹਨ ਕਿ:

"ਪਾਰੁ ਕੈਸੇ ਪਾਇਬੋ ਰੇ ॥ ਮੋ ਕਉ ਕੋਊ ਨ ਕਹੈ ਸਮਝਾਇ ॥ ਜਾ ਤੇ ਆਵਗਵਨੁ ਬਿਲਾਇ" ॥੧॥ਰਹਾਉ॥

ਤਾਂ ਫਿਰ, ਜਿਨ੍ਹਾਂ ਲੋਕਾਂ ਨੇ ਜੁਗਾਂ ਦੀ ਵੰਡ ਕਰ ਕੇ "ਕਲਿ ਕੇਵਲ ਨਾਮ ਅਧਾਰ" ਆਖਿਆ, ਉਹਨਾਂ ਨੇ ਇਥੇ "ਨਾਮ" ਨੂੰ ਕੀਹ ਸਮਝਿਆ ਸੀ, ਅਤੇ ਰਵਿਦਾਸ ਜੀ ਕਿਉਂ ਇਸ ਦੀ ਨਿਖੇਧੀ ਕਰਦੇ ਹਨ?

ਇਸ ਪ੍ਰਸ਼ਨ ਦਾ ਸਹੀ ਉੱਤਰ ਲੱਭਣ ਵਾਸਤੇ ਭੈਰਉ ਰਾਗ ਵਿਚ ਕਬੀਰ ਜੀ ਦੇ ਇਕ ਸ਼ਬਦ ਤੋਂ ਸਹਾਇਤਾ ਮਿਲਦੀ ਹੈ । ਸ਼ਬਦ ਨੰ: ੧੧ ਵਿਚ ਕਬੀਰ ਜੀ ਮੁੱਲਾਂ, ਕਾਜੀ, ਸੁਲਤਾਨ, ਜੋਗੀ ਤੇ ਹਿੰਦੂ ਦਾ ਜ਼ਿਕਰ ਕਰਦੇ ਹੋਏ ਅਖ਼ੀਰਲੇ ਬੰਦ ਵਿਚ ਲਿਖਦੇ ਹਨ:

"ਜੋਗੀ ਗੋਰਖੁ ਗੋਰਖੁ ਕਰੈ ॥ ਹਿੰਦੂ ਰਾਮ ਨਾਮ ਉਚਰੈ ॥ ਮੁਸਲਮਾਨ ਕਾ ਏਕੁ ਖੁਦਾਇ ॥ ਕਬੀਰ ਕਾ ਸੁਆਮੀ ਰਹਿਆ ਸਮਾਇ" ॥੪॥੩॥੧੧॥

ਇਥੇ ਕਬੀਰ ਜੀ ਜੋਗੀ, ਹਿੰਦੂ ਤੇ ਮੁਸਲਮਾਨ ਦੇ ਮਿਥੇ ਹੋਏ ਇਸ਼ਟ-ਪਰਮਾਤਮਾ ਦੀ ਨਿਖੇਧੀ ਕਰਦੇ ਹਨ, ਤੇ ਆਪਣੇ ਸੁਆਮੀ ਬਾਰੇ ਆਖਦੇ ਹਨ ਕਿ ਉਹ 'ਰਹਿਆ ਸਮਾਇ" । 'ਰਹਾਉ' ਵਿਚ ਭੀ ਆਪਣੇ 'ਸੁਆਮੀ' ਦੀ ਬਾਬਤ ਲਿਖਦੇ ਹਨ:

"ਹੈ ਹਜੂਰਿ ਕਤਿ ਦੂਰਿ ਬਤਾਵਹੁ ॥ ਦੁੰਦਰ ਬਾਧਹੁ ਸੁੰਦਰ ਪਾਵਹੁ" ॥

{ਨੋਟ:- ਇਸ ਸ਼ਬਦ ਦੀ ਘੁੰਡੀ ਨੂੰ ਵਿਸਥਾਰ ਨਾਲ ਸਮਝਣ ਵਾਸਤੇ ਭੈਰਉ ਰਾਗ ਵਿਚ ਇਸ ਸ਼ਬਦ ਦੇ ਨਾਲ ਲਿਖਿਆ ਮੇਰਾ ਨੋਟ ਪੜ੍ਹੋ} ।

ਕਬੀਰ ਜੀ ਹਿੰਦੂ ਦੇ ਜਿਸ "ਰਾਮ ਨਾਮ" ਦੀ ਨਿਖੇਧੀ ਕਰ ਰਹੇ ਹਨ, ਉਸੇ "ਨਾਮ ਅਧਾਰ" ਦੀ ਬਾਬਤ ਰਵਿਦਾਸ ਜੀ ਆਖਦੇ ਹਨ ਕਿ "ਪਾਰੁ ਕੈਸੇ ਪਾਇਬੋ ਰੇ" ।

ਸੋ, ਇਹ "ਰਾਮ ਨਾਮ" ਕਿਹੜਾ ਹੈ? ਇਹ ਹੈ "ਅਵਤਾਰੀ ਰਾਮ ਦਾ ਨਾਮ" ਇਹ ਹੈ ਅਵਤਾਰ-ਭਗਤੀ । ਸ਼ਾਸਤ੍ਰਾਂ ਦੀ ਵੰਡ-ਅਨੁਸਾਰ ਦਾਨ ਆਦਿਕ ਸਤਜੁਗ ਦਾ ਧਰਮ, ਜੱਗ ਤ੍ਰੇਤੇ ਦਾ ਧਰਮ, ਦੇਵਤਿਆਂ ਦੀ ਪੂਜਾ ਦੁਆਪਰ ਦਾ ਧਰਮ, ਅਤੇ ਅਵਤਾਰ-ਭਗਤੀ (ਮੂਰਤੀ-ਪੂਜਾ) ਕਲਜੁਗ ਦਾ ਧਰਮ ਹੈ । ਪਰ, ਰਵਿਦਾਸ ਜੀ ਲਿਖਦੇ ਹਨ ਕਿ ਇਹ ਚਾਰੇ ਹੀ ਧਰਮ ਕਮਾਉਣ ਨਾਲ:

"ਪ੍ਰੇਮ ਭਗਤਿ ਨਹੀ ਊਪਜੈ, ਤਾ ਤੇ ਰਵਿਦਾਸ ਉਦਾਸ ।"

ਪਦਅਰਥ:- ਸਤਜੁਗਿ—ਸਤਜੁਗ ਵਿਚ । ਸਤੁ—ਦਾਨ, ਸ਼ਾਸਤ੍ਰਾਂ ਦੀ ਵਿਧੀ ਅਨੁਸਾਰ ਕੀਤੇ ਹੋਏ ਦਾਨ ਆਦਿਕ ਕਰਮ । ਤੇਤਾ ਜਗੀ—ਤ੍ਰੇਤਾ ਜੁਗ ਜੁੱਗਾਂ ਵਿਚ (ਪ੍ਰਵਿਰਤ ਹੈ) । ਦੁਆਪਰਿ—ਦੁਆਪਰ ਵਿਚ । ਪੂਜਾਚਾਰ—ਪੂਜਾ ਆਚਾਰ, ਦੇਵਤਿਆਂ ਦੀ ਪੂਜਾ ਆਦਿਕ ਕਰਮ । ਦਿੜੇ—ਦ੍ਰਿੜ੍ਹ ਕਰ ਰਹੇ ਹਨ, ਪਕਿਆਈ ਕਰ ਰਹੇ ਹਨ, ਜ਼ੋਰ ਦੇ ਰਹੇ ਹਨ । ਨਾਮ ਅਧਾਰ—(ਸ੍ਰੀ ਰਾਮ ਤੇ ਸ੍ਰੀ ਕ੍ਰਿਸ਼ਨ ਅਵਤਾਰ ਦੇ) ਨਾਮ ਦਾ ਆਸਰਾ, ਸ੍ਰੀ ਰਾਮ ਚੰਦਰ ਅਤੇ ਕ੍ਰਿਸ਼ਨ ਜੀ ਦੀ ਮੂਰਤੀ ਵਿਚ ਸੁਰਤਿ ਜੋੜ ਕੇ ਉਹਨਾਂ ਦੇ ਨਾਮ ਦਾ ਜਾਪ ।੧।

ਪਾਰੁ—ਸੰਸਾਰ-ਸਮੁੰਦਰ ਦਾ ਪਾਰਲਾ ਕੰਢਾ । ਪਾਇਬੋ—ਪਾਉਗੇ । ਰੇ—ਹੇ ਭਾਈ! ਹੇ ਪੰਡਿਤ! ਮੋ ਸਉ—ਮੈਨੂੰ । ਕੋਊ—ਇਹਨਾਂ ਕਰਮ-ਕਾਂਡੀ ਪੰਡਿਤਾਂ ਵਿਚੋਂ ਕੋਈ ਭੀ । ਆਵਾਗਵਨੁ—ਜੰਮਣਾ ਮਰਨਾ, ਜਨਮ ਮਰਨ ਦਾ ਗੇੜ । ਬਿਲਾਇ—ਦੂਰ ਹੋ ਜਾਏ ।੧।ਰਹਾਉ।

ਬਹੁ ਬਿਧਿ—ਕਈ ਤਰੀਕਿਆਂ ਨਾਲ । ਬਿਧਿ—ਵਿਧੀ, ਤਰੀਕਾ । ਧਰਮ—ਸ਼ਾਸਤ੍ਰਾਂ ਅਨੁਸਾਰ ਦੱਸੇ ਹੋਏ ਹਰੇਕ ਵਰਨ ਆਸ਼ਰਮ ਦੇ ਵੱਖ ਵੱਖ ਕਰਤੱਬ । ਨਿਰੂਪੀਐ—ਮਿਥੇ ਗਏ ਹਨ, ਹੱਦ-ਬੰਦੀ ਕੀਤੀ ਗਈ ਹੈ । ਸਭ ਲੋਇ—ਸਾਰਾ ਜਗਤ । ਕਰਤਾ ਦੀਸੈ—ਉਹਨਾਂ ਧਾਰਮਿਕ ਰਸਮਾਂ ਨੂੰ ਕਰਦਾ ਦਿੱਸ ਰਿਹਾ ਹੈ । ਜਿਹ ਸਾਧੇ—ਜਿਸ ਦੇ ਸਾਧਨ ਨਾਲ, ਜਿਸ ਧਾਰਮਿਕ ਰਸਮ ਦੇ ਕਰਨ ਨਾਲ । ਸਿਧਿ—ਕਾਮਯਾਬੀ, ਮਨੁੱਖਾ ਜਨਮ ਦੇ ਮਨੋਰਥ ਦੀ ਸਫਲਤਾ ।੨।

ਕਰਮ—ਉਹ ਧਾਰਮਿਕ ਰਸਮਾਂ ਜੋ ਸ਼ਾਸਤ੍ਰਾਂ ਨੇ ਨਿਯਮ ਕੀਤਿਆਂ ਹਨ । ਅਕਰਮ—ਅ+ਕਰਮ, ਉਹ ਕੰਮ ਜੋ ਸ਼ਾਸਤ੍ਰਾਂ ਨੇ ਵਰਜੇ ਹੋਏ ਹਨ । ਸੁਨਿ—ਸੁਣ ਕੇ । ਸੰਸਾ—ਸੰਹਸਾ, ਸਹਿਮ, ਫ਼ਿਕਰ । ਹਿਰੈ—ਦੂਰ ਕਰੇ ।੩।

ਬਾਹਰੁ—(ਸਰੀਰ ਦਾ) ਬਾਹਰਲਾ ਪਾਸਾ {ਨੋਟ:- ਲਫ਼ਜ਼ 'ਬਾਹਰੁ' ਅਤੇ 'ਬਾਹਰਿ' ਵਿਚ ਫ਼ਰਕ ਚੇਤੇ ਰੱਖਣ-ਜੋਗ ਹੈ । 'ਬਾਹਰੁ' ਨਾਂਵ ਹੈ, ਅਤੇ 'ਬਾਹਰਿ, ਕ੍ਰਿਆ ਵਿਸ਼ੇਸ਼ਣ ਹੈ} । ਉਦਕਿ—ਉਦਕ ਨਾਲ, ਪਾਣੀ ਨਾਲ । ਪਖਾਰੀਐ—ਧੋ ਦੇਈਏ । ਘਟ—ਹਿਰਦਾ । ਬਿਬਿਧਿ—ਵਿ+ਵਿਧਿ, ਕਈ ਵਿਧੀਆਂ ਦੇ, ਕਈ ਕਿਸਮ ਦੇ । ਹੋਇਬੋ—ਹੋਵੋਗੇ । ਕੁੰਚਰ—ਹਾਥੀ । ਬਿਉਹਾਰ—ਵਿਹਾਰ, ਕੰਮ ।੪।

ਰਵਿ—ਸੂਰਜ । ਰਜਨੀ—ਰੈਣਿ, ਰਾਤ । ਜਥਾ ਗਤਿ—ਜਿਵੇਂ ਦੂਰ ਹੋ ਜਾਂਦੀ ਹੈ । ਮਾਨੋ—ਜਾਣੋ । ਕਨਕ—ਸੋਨਾ । ਹੋਤ ਨਹੀ ਬਾਰ—ਚਿਰ ਨਹੀਂ ਲੱਗਦਾ ।੫।

ਪਰਮ ਪਰਸ—ਸਭ ਪਾਰਸਾਂ ਤੋਂ ਵਧੀਆ ਪਾਰਸ । ਭੇਟੀਐ—ਮਿਲ ਪਏ । ਲਿਲਾਟ—ਮੱਥੇ ਉੱਤੇ । ਉਨਮਨ—{Skt. aNmns—(Adj.) anxious, eager, impatient} ਤਾਂਘ-ਭਰਿਆ । ਉਨਮਨ ਮਨ—ਉਹ ਹਿਰਦਾ ਜਿਸ ਵਿਚ ਪ੍ਰਭੂ-ਪ੍ਰੀਤਮ ਨੂੰ ਮਿਲਣ ਦੀ ਤਾਂਘ ਪੈਦਾ ਹੋ ਗਈ ਹੈ । ਮਨ ਹੀ—ਮਨਿ ਹੀ, ਮਨ ਵਿਚ ਹੀ, ਅੰਦਰ ਹੀ, ਅੰਤਰ-ਆਤਮੇ ਹੀ । ਬਜਰ—ਕਰੜੇ, ਸਖ਼ਤ, ਪੱਕੇ । ਕਪਾਟ—ਕਵਾੜ, ਦਰਵਾਜ਼ੇ ਦੇ ਭਿੱਤ ।੬।

ਜੁਗਤਿ—ਤਰੀਕਾ, ਸਾਧਨ । ਭਗਤਿ ਜੁਗਤਿ—ਬੰਦਗੀ-ਰੂਪ ਸਾਧਨ (ਵਰਤ ਕੇ) । ਮਤਿ—ਬੁੱਧੀ, ਅਕਲ । ਸਤਿ ਕਰੀ—ਪੱਕੀ ਕਰ ਲਈ, ਦ੍ਰਿੜ੍ਹ ਕਰ ਲਈ, ਮਾਇਆ ਵਿਚ ਡੋਲਣ ਤੋਂ ਰੋਕ ਲਈ । ਕਾਟਿ—ਕੱਟ ਕੇ । ਸੋਈ—ਉਹੀ ਮਨੁੱਖ । ਬਸਿ—ਵੱਸ ਕੇ, ਟਿਕ ਕੇ, ਪ੍ਰਭੂ ਦੀ ਯਾਦ ਵਿਚ ਟਿਕ ਕੇ । ਰਸਿ—ਆਨੰਦ ਨਾਲ । ਮਨ ਮਿਲੇ—ਮਨ ਹੀ ਮਿਲੇ, ਅੰਤਰ-ਆਤਮੇ ਹੀ ਪ੍ਰਭੂ ਨੂੰ ਮਿਲ ਪੈਂਦੇ ਹਨ । ਨਿਰਗੁਨ—ਮਾਇਆ ਦੇ ਤਿੰਨ ਗੁਣਾਂ ਤੋਂ ਰਹਿਤ ਪ੍ਰਭੂ । ਗੁਨ ਬਿਚਾਰ—ਗੁਣਾਂ ਦੀ ਵਿਚਾਰ, ਗੁਣਾਂ ਦੀ ਯਾਦ ।੭।

ਨਿਗ੍ਰਹ—ਰੋਕਣਾ, ਮਨ ਨੂੰ ਰੋਕਣਾ, ਮਨ ਨੂੰ ਵਿਕਾਰਾਂ ਵਲੋਂ ਰੋਕਣਾ । ਟਾਰੀ ਨ ਟਰੈ—ਟਾਲਿਆਂ ਟਲਦੀ ਨਹੀਂ । ਭ੍ਰਮ ਫਾਸ—ਭਟਕਣਾ ਦੀ ਫਾਹੀ । ਪ੍ਰੇਮ ਭਗਤਿ—ਪਿਆਰ-ਭਰੀ ਯਾਦ, ਪ੍ਰਭੂ ਦੀ ਪਿਆਰ-ਭਰੀ ਯਾਦ । ਉਦਾਸ—ਇਹਨਾਂ ਜਤਨਾਂ ਤੋਂ ਉਪਰਾਮ, ਇਹਨਾਂ ਕਰਮਾਂ ਧਰਮਾਂ ਤੋਂ ਉਪਰਾਮ ।੮।

ਅਰਥ:- (ਹੇ ਪੰਡਿਤ ਜੀ! ਤੁਸੀ ਆਖਦੇ ਹੋ ਕਿ ਹਰੇਕ ਜੁਗ ਵਿਚ ਆਪੋ ਆਪਣਾ ਕਰਮ ਹੀ ਪ੍ਰਧਾਨ ਹੈ, ਇਸ ਅਨੁਸਾਰ) ਸਤਜੁਗ ਵਿਚ ਦਾਨ ਆਦਿਕ ਪ੍ਰਧਾਨ ਸੀ, ਤ੍ਰੇਤਾ ਜੁਗ ਜੱਗਾਂ ਵਿਚ ਪ੍ਰਵਿਰਤ ਰਿਹਾ, ਦੁਆਪਰ ਵਿਚ ਦੇਵਤਿਆਂ ਦੀ ਪੂਜਾ ਪ੍ਰਧਾਨ-ਕਰਮ ਸੀ; (ਇਸ ਤਰ੍ਹਾਂ ਤੁਸੀ ਆਖਦੇ ਹੋ ਕਿ) ਤਿੰਨੇ ਜੁਗ ਇਹਨਾਂ ਤਿੰਨਾਂ ਕਰਮਾਂ ਧਰਮਾਂ ਉੱਤੇ ਜ਼ੋਰ ਦੇਂਦੇ ਹਨ; ਤੇ ਹੁਣ ਕਲਜੁਗ ਵਿਚ ਸਿਰਫ਼ (ਰਾਮ) ਨਾਮ ਦਾ ਆਸਰਾ ਹੈ ।੧।

ਪਰ, ਹੇ ਪੰਡਿਤ! (ਇਹਨਾਂ ਜੁਗਾਂ ਦੇ ਵੰਡੇ ਹੋਏ ਕਰਮਾਂ ਧਰਮਾਂ ਨਾਲ, ਸੰਸਾਰ-ਸਮੁੰਦਰ ਦਾ) ਪਾਰਲਾ ਬੰਨਾ ਕਿਵੇਂ ਲੱਭੋਗੇ? (ਤੁਹਾਡੇ ਵਿਚੋਂ) ਕੋਈ ਭੀ ਮੈਨੂੰ ਐਸਾ ਕੰਮ ਸਮਝਾ ਕੇ ਨਹੀਂ ਦੱਸ ਸਕਿਆ, ਜਿਸ ਦੀ ਸਹਾਇਤਾ ਨਾਲ (ਮਨੁੱਖ ਦਾ) ਜਨਮ ਮਰਨ ਦਾ ਗੇੜ ਮੁੱਕ ਸਕੇ ।੧।ਰਹਾਉ।

(ਸ਼ਾਸਤ੍ਰਾਂ ਅਨੁਸਾਰ) ਕਈ ਤਰੀਕਿਆਂ ਨਾਲ ਵਰਨਾਂ ਆਸ਼ਰਮਾਂ ਦੇ ਕਰਤੱਬਾਂ ਦੀ ਹੱਦ-ਬੰਦੀ ਕੀਤੀ ਗਈ ਹੈ; (ਇਹਨਾਂ ਸ਼ਾਸਤ੍ਰਾਂ ਨੂੰ ਮੰਨਣ ਵਾਲਾ) ਸਾਰਾ ਜਗਤ ਇਹੀ ਮਿਥੇ ਹੋਏ ਕਰਮ-ਧਰਮ ਕਰਦਾ ਦਿੱਸ ਰਿਹਾ ਹੈ । ਪਰ ਕਿਸ ਕਰਮ-ਧਰਮ ਦੇ ਕਰਨ ਨਾਲ (ਆਵਾਗਵਨ ਤੋਂ) ਖ਼ਲਾਸੀ ਹੋ ਸਕਦੀ ਹੈ? ਉਹ ਕਿਹੜਾ ਕਰਮ ਹੈ ਜਿਸ ਦੇ ਸਾਧਿਆਂ ਜਨਮ-ਮਨੋਰਥ ਦੀ ਸਫਲਤਾ ਹੁੰਦੀ ਹੈ?—(ਇਹ ਗੱਲ ਤੁਸੀ ਨਹੀਂ ਦੱਸ ਸਕੇ) ।੧।

ਵੇਦਾਂ ਤੇ ਪੁਰਾਣਾਂ ਨੂੰ ਸੁਣ ਕੇ (ਸਗੋਂ ਹੋਰ ਹੋਰ) ਸ਼ੰਕਾ ਵਧਦਾ ਹੈ । ਇਹੀ ਵਿਚਾਰ ਕਰੀਦੀ ਹੈ ਕਿ ਕਿਹੜਾ ਕਰਮ ਸ਼ਾਸਤ੍ਰਾਂ ਦੇ ਅਨੁਸਾਰ ਹੈ, ਤੇ, ਕਿਹੜਾ ਕਰਮ ਸ਼ਾਸਤ੍ਰਾਂ ਨੇ ਵਰਜਿਆ ਹੈ । (ਵਰਨ ਆਸ਼ਰਮਾਂ ਦੇ ਕਰਮ ਧਰਮ ਕਰਦਿਆਂ ਹੀ, ਮਨੁੱਖ ਦੇ) ਹਿਰਦੇ ਵਿਚ ਸਹਿਮ ਤਾਂ ਟਿਕਿਆ ਹੀ ਰਹਿੰਦਾ ਹੈ, (ਫਿਰ) ਉਹ ਕਿਹੜਾ ਕਰਮ-ਧਰਮ (ਤੁਸੀ ਦੱਸਦੇ ਹੋ) ਜੋ ਮਨ ਦਾ ਅਹੰਕਾਰ ਦੂਰ ਕਰੇ? ।੩।

(ਹੇ ਪੰਡਿਤ! ਤੁਸੀ ਤੀਰਥ-ਇਸ਼ਨਾਨ ਤੇ ਜ਼ੋਰ ਦੇਂਦੇ ਹੋ, ਪਰ ਤੀਰਥਾਂ ਤੇ ਜਾ ਕੇ ਤਾਂ ਸਰੀਰ ਦਾ) ਬਾਹਰਲਾ ਪਾਸਾ ਹੀ ਪਾਣੀ ਨਾਲ ਧੋਈਦਾ ਹੈ, ਹਿਰਦੇ ਵਿਚ ਕਈ ਕਿਸਮ ਦੇ ਵਿਕਾਰ ਟਿਕੇ ਹੀ ਰਹਿੰਦੇ ਹਨ, (ਇਸ ਤੀਰਥ-ਇਸ਼ਨਾਨ ਨਾਲ) ਕੌਣ ਪਵਿਤ੍ਰ ਹੋ ਸਕਦਾ ਹੈ? ਇਹ ਸੁੱਚ ਤਾਂ ਇਹੋ ਜਿਹੀ ਹੀ ਹੁੰਦੀ ਹੈ ਜਿਵੇਂ ਹਾਥੀ ਦਾ ਇਸ਼ਨਾਨ-ਕਰਮ ਹੈ ।੪।

(ਪਰ ਹੇ ਪੰਡਿਤ!) ਸਾਰਾ ਸੰਸਾਰ ਇਹ ਗੱਲ ਜਾਣਦਾ ਹੈ ਕਿ ਸੂਰਜ ਦੇ ਚੜ੍ਹਿਆਂ ਕਿਵੇਂ ਰਾਤ (ਦਾ ਹਨੇਰਾ) ਦੂਰ ਹੋ ਜਾਂਦਾ ਹੈ । ਇਹ ਗੱਲ ਭੀ ਚੇਤੇ ਰੱਖਣ ਵਾਲੀ ਹੈ ਕਿ ਤਾਂਬੇ ਦੇ ਪਾਰਸ ਨਾਲ ਛੋਹਿਆਂ ਉਸ ਦੇ ਸੋਨਾ ਬਣਨ ਵਿਚ ਚਿਰ ਨਹੀਂ ਲੱਗਦਾ ।੫।

(ਇਸੇ ਤਰ੍ਹਾਂ) ਜੇ ਪੂਰਬਲੇ ਭਾਗ ਜਾਗਣ ਤਾਂ ਸਤਿਗੁਰੂ ਮਿਲ ਪੈਂਦਾ ਹੈ ਜੋ ਸਭ ਪਾਰਸਾਂ ਤੋਂ ਵਧੀਆ ਪਾਰਸ ਹੈ । (ਗੁਰੂ ਦੀ ਕਿਰਪਾ ਨਾਲ) ਮਨ ਵਿਚ ਪਰਮਾਤਮਾ ਨੂੰ ਮਿਲਣ ਦੀ ਤਾਂਘ ਪੈਦਾ ਹੋ ਜਾਂਦੀ ਹੈ, ਉਹ ਅੰਤਰ-ਆਤਮੇ ਹੀ ਪ੍ਰਭੂ ਨੂੰ ਮਿਲ ਪੈਂਦਾ ਹੈ, ਮਨ ਦੇ ਕਰੜੇ ਕਵਾੜ ਖੁਲ੍ਹ ਜਾਂਦੇ ਹਨ ।੬।

ਜਿਸ ਮਨੁੱਖ ਨੇ ਪ੍ਰਭੂ ਦੀ ਭਗਤੀ ਵਿਚ ਜੁੜ ਕੇ (ਇਸ ਭਗਤੀ ਦੀ ਬਰਕਤ ਨਾਲ) ਭਟਕਣਾ ਵਿਕਾਰਾਂ ਅਤੇ ਮਾਇਆ ਦੇ ਬੰਧਨਾਂ ਨੂੰ ਕੱਟ ਕੇ ਆਪਣੀ ਬੁੱਧੀ ਨੂੰ ਮਾਇਆ ਵਿਚ ਡੋਲਣ ਤੋਂ ਰੋਕ ਲਿਆ ਹੈ, ਉਹੀ ਮਨੁੱਖ (ਪ੍ਰਭੂ ਦੀ ਯਾਦ ਵਿਚ) ਟਿਕ ਕੇ ਆਨੰਦ ਨਾਲ (ਪ੍ਰਭੂ ਨੂੰ) ਅੰਤਰ-ਆਤਮੇ ਹੀ ਮਿਲ ਪੈਂਦਾ ਹੈ, ਅਤੇ ਉਸ ਇੱਕ ਪਰਮਾਤਮਾ ਦੇ ਗੁਣਾਂ ਦੀ ਯਾਦ ਵਿਚ ਰਹਿੰਦਾ ਹੈ, ਜੋ ਮਾਇਆ ਦੇ ਤਿੰਨਾਂ ਗੁਣਾਂ ਤੋਂ ਪਰੇ ਹੈ ।੭।

(ਪ੍ਰਭੂ ਦੀ ਯਾਦ ਤੋਂ ਬਿਨਾ) ਮਨ ਨੂੰ ਵਿਕਾਰਾਂ ਵਲੋਂ ਰੋਕਣ ਦੇ ਜੇ ਹੋਰ ਅਨੇਕਾਂ ਜਤਨ ਭੀ ਕੀਤੇ ਜਾਣ, (ਤਾਂ ਭੀ ਵਿਕਾਰਾਂ ਵਿਚ) ਭਟਕਣ ਦੀ ਫਾਹੀ ਟਾਲਿਆਂ ਟਲਦੀ ਨਹੀਂ ਹੈ । (ਕਰਮ ਕਾਂਡ ਦੇ) ਇਹਨਾਂ ਜਤਨਾਂ ਨਾਲ ਪ੍ਰਭੂ ਦੀ ਪਿਆਰ-ਭਰੀ ਯਾਦ (ਹਿਰਦੇ ਵਿਚ) ਪੈਦਾ ਨਹੀਂ ਹੋ ਸਕਦੀ । ਇਸੇ ਵਾਸਤੇ ਮੈਂ ਰਵਿਦਾਸ ਇਹਨਾਂ ਕਰਮਾਂ-ਧਰਮਾਂ ਤੋਂ ਉਪਰਾਮ ਹਾਂ ।੮।੧।

ਸ਼ਬਦ ਦਾ ਭਾਵ:- ਇਹ ਗੱਲ ਗ਼ਲਤ ਹੈ ਕਿ ਹਿਰਦੇ ਵਿਚ ਪਰਮਾਤਮਾ ਦੀ ਪ੍ਰੇਮਾ-ਭਗਤੀ ਪੈਦਾ ਕਰਨ ਲਈ ਹਰੇਕ ਜੁਗ ਵਿਚ ਮਨੁੱਖ ਵਾਸਤੇ ਵਖ-ਵਖ ਕਰਮ-ਧਰਮ ਪ੍ਰਧਾਨ ਰਹੇ ਹਨ । ਕੋਈ ਦਾਨ, ਜੱਗ, ਦੇਵ-ਪੂਜਾ, ਅਵਤਾਰ-ਭਗਤੀ, ਤੀਰਥ-ਇਸ਼ਨਾਨ ਮਨੁੱਖ ਨੂੰ ਮਾਇਆ ਦੀ ਫਾਹੀ ਤੋਂ ਬਚਾ ਨਹੀਂ ਸਕਦਾ, ਤੇ, ਨਾਹ ਹੀ ਪ੍ਰਭੂ-ਚਰਨਾਂ ਵਿਚ ਜੋੜ ਸਕਦਾ ਹੈ ।

ਨੋਟ:- ਗੁਰਬਾਣੀ ਦਾ ਇਹੀ ਆਸ਼ਾ ਹੈ ਕਿ ਚਾਹੇ ਕੋਈ ਮਿਥਿਆ ਹੋਇਆ ਸਤਜੁਗ ਹੈ, ਚਾਹੇ ਤ੍ਰੇਤਾ ਜਾਂ ਦੁਆਪਰ, ਤੇ ਚਾਹੇ ਕਲਿਜੁਗ ਹੈ; ਦੁਨੀਆ ਦੇ ਵਿਕਾਰਾਂ ਤੋਂ ਬਚ ਕੇ ਜੀਵਨ ਦਾ ਸਹੀ ਰਸਤਾ ਲੱਭਣ ਲਈ ਪਰਮਾਤਮਾ ਦੀ ਭਗਤੀ ਹੀ ਇਕੋ ਇਕ ਠੀਕ ਜਤਨ ਹੈ ।

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਰਾਗੁ ਆਸਾ ਮਹਲਾ ੧ ਘਰੁ ੧ ਸੋ ਦਰੁ ॥ ਸੋ ਦਰੁ ਤੇਰਾ ਕੇਹਾ ਸੋ ਘਰੁ ਕੇਹਾ ਜਿਤੁ ਬਹਿ ਸਰਬ

ਸਮ੍ਾਲੇ ॥ ਵਾਜੇ ਤੇਰੇ ਨਾਦ ਅਨੇਕ ਅਸੰਖਾ ਕੇਤੇ ਤੇਰੇ ਵਾਵਣਹਾਰੇ ॥ ਕੇਤੇ ਤੇਰੇ ਰਾਗ ਪਰੀ ਸਿਉ ਕਹੀਅਹਿ ਕੇਤੇ ਤੇਰੇ ਗਾਵਣਹਾਰੇ ॥ ਗਾਵਨਿ੍ ਤੁਧਨੋ ਪਉਣੁ ਪਾਣੀ ਬੈਸੰਤਰੁ ਗਾਵੈ ਰਾਜਾ ਧਰਮ ਦੁਆਰੇ ॥ ਗਾਵਨਿ੍ ਤੁਧਨੋ ਚਿਤੁ ਗੁਪਤੁ ਲਿਖਿ ਜਾਣਨਿ ਲਿਖਿ ਲਿਖਿ ਧਰਮੁ ਵੀਚਾਰੇ ॥ ਗਾਵਨਿ੍ ਤੁਧਨੋ ਈਸਰੁ ਬ੍ਰਹਮਾ ਦੇਵੀ ਸੋਹਨਿ ਤੇਰੇ ਸਦਾ ਸਵਾਰੇ ॥ ਗਾਵਨਿ੍ ਤੁਧਨੋ ਇੰਦ੍ਰ ਇੰਦ੍ਰਾਸਣਿ ਬੈਠੇ ਦੇਵਤਿਆ ਦਰਿ ਨਾਲੇ ॥ ਗਾਵਨਿ੍ ਤੁਧਨੋ ਸਿਧ ਸਮਾਧੀ ਅੰਦਰਿ ਗਾਵਨਿ੍ ਤੁਧਨੋ ਸਾਧ ਬੀਚਾਰੇ ॥ ਗਾਵਨਿ੍ ਤੁਧਨੋ ਜਤੀ ਸਤੀ ਸੰਤੋਖੀ ਗਾਵਨਿ ਤੁਧਨੋ ਵੀਰ ਕਰਾਰੇ ॥ ਗਾਵਨਿ ਤੁਧਨੋ ਪੰਡਿਤ ਪੜੇ ਰਖੀਸੁਰ ਜੁਗੁ ਜੁਗੁ ਬੇਦਾ ਨਾਲੇ ॥ ਗਾਵਨਿ ਤੁਧਨੋ ਮੋਹਣੀਆ ਮਨੁ ਮੋਹਨਿ ਸੁਰਗੁ ਮਛੁ ਪਇਆਲੇ ॥ ਗਾਵਨਿ੍ ਤੁਧਨੋ ਰਤਨ ਉਪਾਏ ਤੇਰੇ ਜੇਤੇ ਅਠਸਠਿ ਤੀਰਥ ਨਾਲੇ ॥ ਗਾਵਨਿ੍ ਤੁਧਨੋ ਜੋਧ ਮਹਾਬਲ ਸੂਰਾ ਗਾਵਨਿ੍ ਤੁਧਨੋ ਖਾਣੀ ਚਾਰੇ ॥ ਗਾਵਨਿ੍ ਤੁਧਨੋ ਖੰਡ ਮੰਡਲ ਬ੍ਰਹਮੰਡਾ ਕਰਿ ਕਰਿ ਰਖੇ ਤੇਰੇ ਧਾਰੇ ॥ ਸੇਈ ਤੁਧਨੋ ਗਾਵਨਿ੍ ਜੋ ਤੁਧੁ ਭਾਵਨਿ੍ ਰਤੇ ਤੇਰੇ ਭਗਤ ਰਸਾਲੇ ॥ ਹੋਰਿ ਕੇਤੇ ਤੁਧਨੋ ਗਾਵਨਿ ਸੇ ਮੈ ਚਿਤਿ ਨ ਆਵਨਿ ਨਾਨਕੁ ਕਿਆ ਬੀਚਾਰੇ ॥ ਸੋਈ ਸੋਈ ਸਦਾ ਸਚੁ ਸਾਹਿਬੁ ਸਾਚਾ ਸਾਚੀ ਨਾਈ ॥ ਹੈ ਭੀ ਹੋਸੀ ਜਾਇ ਨ ਜਾਸੀ ਰਚਨਾ ਜਿਨਿ ਰਚਾਈ ॥ ਰੰਗੀ ਰੰਗੀ ਭਾਤੀ ਜਿਨਸੀ ਮਾਇਆ ਜਿਨਿ ਉਪਾਈ ॥ ਕਰਿ ਕਰਿ ਦੇਖੈ ਕੀਤਾ ਅਪਣਾ ਜਿਉ ਤਿਸ ਦੀ ਵਡਿਆਈ ॥ ਜੋ ਤਿਸੁ ਭਾਵੈ ਸੋਈ ਕਰਸੀ ਫਿਰਿ ਹੁਕਮੁ ਨ ਕਰਣਾ ਜਾਈ ॥ ਸੋ ਪਾਤਿਸਾਹੁ ਸਾਹਾ ਪਤਿ ਸਾਹਿਬੁ ਨਾਨਕ ਰਹਣੁ ਰਜਾਈ ॥੧॥੧॥ {ਪੰਨਾ 347}

ਪਦਅਰਥ:- ਕੇਹਾ—ਕਿਹੋ ਜਿਹਾ, ਬੜਾ ਅਸਚਰਜ । ਦਰੁ—ਦਰਵਾਜ਼ਾ । ਜਿਤੁ—ਜਿਥੇ । ਬਹਿ—ਬੈਠ ਕੇ । ਸਰਬ—ਸਾਰੇ ਜੀਵਾਂ ਨੂੰ । ਸਮ੍ਾਲੇ—ਤੂੰ ਸੰਭਾਲ ਕੀਤੀ ਹੈ । ਨਾਦ—ਆਵਾਜ਼, ਸ਼ਬਦ, ਰਾਗ । ਵਾਵਣਹਾਰੇ—ਵਜਾਵਣ ਵਾਲੇ । ਪਰੀ—ਰਾਗਣੀ । ਸਿਉ—ਸਮੇਤ, ਸਣੇ । ਪਰੀ ਸਿਉ—ਰਾਗਣੀਆਂ ਸਮੇਤ । ਕਹੀਅਹਿ—ਕਹੀਦੇ ਹਨ, ਆਖੇ ਜਾਂਦੇ ਹਨ ।

ਅਰਥ:- ਉਹ ਦਰ-ਘਰ ਬੜਾ ਹੀ ਅਸਚਰਜ ਹੈ, ਜਿਥੇ ਬੈਠ ਕੇ (ਹੇ ਨਿਰੰਕਾਰ!) ਤੂੰ ਸਾਰੇ ਜੀਵਾਂ ਦੀ ਸੰਭਾਲ ਕਰ ਰਿਹਾ ਹੈਂ । (ਤੇਰੀ ਇਸ ਰਚੀ ਹੋਈ ਕੁਦਰਤਿ ਵਿਚ) ਅਨੇਕਾਂ ਤੇ ਅਣਗਿਣਤ ਵਾਜੇ ਤੇ ਰਾਗ ਹਨ, ਬੇਅੰਤ ਹੀ ਜੀਵ (ਉਹਨਾਂ ਵਾਜਿਆਂ ਨੂੰ) ਵਜਾਣ ਵਾਲੇ ਹਨ, ਰਾਗਣੀਆਂ ਸਣੇ ਬੇਅੰਤ ਹੀ ਰਾਗ ਕਹੇ ਜਾਂਦੇ ਹਨ ਅਤੇ ਅਨੇਕਾਂ ਹੀ ਜੀਵ (ਇਹਨਾਂ ਰਾਗਾਂ ਦੇ) ਗਾਵਣ ਵਾਲੇ ਹਨ (ਜੋ ਤੈਨੂੰ ਗਾ ਰਹੇ ਹਨ) ।

ਪਦਅਰਥ:- ਰਾਜਾ ਧਰਮ—ਧਰਮ-ਰਾਜ । ਦੁਆਰੇ—ਤੇਰੇ ਦਰ ਤੇ (ਹੇ ਨਿਰੰਕਾਰ!) । ਚਿਤੁ ਗੁਪਤੁ—ਉਹ ਵਿਅਕਤੀਆਂ ਜੋ ਸੰਸਾਰ ਦੇ ਜੀਵਾਂ ਦੇ ਚੰਗੇ ਮੰਦੇ ਕਰਮਾਂ ਦਾ ਲੇਖਾ ਲਿਖਦੇ ਹਨ (ਹਿੰਦੂ ਮਤ ਦੇ ਧਰਮ-ਪੁਸਤਕਾਂ ਵਿਚ ਇਹ ਖ਼ਿਆਲ ਤੁਰਿਆ ਆਉਂਦਾ ਹੈ) । ਧਰਮੁ—ਧਰਮ-ਰਾਜ । ਲਿਖਿ ਲਿਖਿ—ਲਿਖ ਲਿਖ ਕੇ, ਜੋ ਕੁਝ ਉਹ ਚਿਤ੍ਰ ਗੁਪਤ ਲਿਖਦੇ ਹਨ । ਬੈਸੰਤਰੁ—ਅੱਗ ।

ਅਰਥ:- (ਹੇ ਨਿਰੰਕਾਰ!) ਹਵਾ, ਪਾਣੀ, ਅੱਗ ਤੇਰੇ ਗੁਣ ਗਾ ਰਹੇ ਹਨ । ਧਰਮਰਾਜ ਤੇਰੇ ਦਰ ਤੇ (ਖਲੋ ਕੇ) ਤੈਨੂੰ ਵਡਿਆਇ ਰਿਹਾ ਹੈ । ਉਹ ਚਿਤ੍ਰਗੁਪਤ ਭੀ ਜੋ (ਜੀਵਾਂ ਦੇ ਚੰਗੇ ਮੰਦੇ ਕਰਮਾਂ ਦੇ ਲੇਖੇ) ਲਿਖਣੇ ਜਾਣਦੇ ਹਨ ਅਤੇ ਜਿਨ੍ਹਾਂ ਦੇ ਲਿਖੇ ਹੋਏ ਲੇਖੇ ਧਰਮਰਾਜ ਵਿਚਾਰਦਾ ਹੈ, ਤੇਰੀਆਂ ਵਡਿਆਈਆਂ ਕਰ ਰਹੇ ਹਨ ।

ਪਦਅਰਥ:- ਈਸਰੁ—ਸ਼ਿਵ । ਦੇਵੀ—ਦੇਵੀਆਂ । ਸੋਹਨਿ—ਸੋਭਦੇ ਹਨ । ਇੰਦ੍ਰਾਸਣਿ—ਇੰਦ੍ਰ ਦੇ ਆਸਣ ਉਤੇ । ਦਰਿ—ਤੇਰੇ ਦਰਵਾਜ਼ੇ ਉਤੇ । ਦੇਵਤਿਆ ਨਾਲੇ—ਦੇਵਤਿਆਂ ਸਮੇਤ ।

ਅਰਥ:- (ਹੇ ਅਕਾਲ ਪੁਰਖ!) ਦੇਵੀਆਂ, ਸ਼ਿਵ ਤੇ ਬ੍ਰਹਮਾ ਜੋ ਤੇਰੇ ਸਵਾਰੇ ਹੋਏ ਹਨ ਤੇ ਸੋਭ ਰਹੇ ਹਨ, ਤੈਨੂੰ ਗਾ ਰਹੇ ਹਨ । ਕਈ ਇੰਦ੍ਰ ਆਪਣੇ ਤਖ਼ਤ ਉਤੇ ਬੈਠੇ ਹੋਏ ਦੇਵਤਿਆਂ ਸਮੇਤ ਤੇਰੇ ਦਰ ਤੇ ਤੈਨੂੰ ਸਾਲਾਹ ਰਹੇ ਹਨ ।

ਪਦਅਰਥ:- ਸਮਾਧੀ ਅੰਦਰਿ—ਸਮਾਧੀ ਵਿਚ ਜੁੜ ਕੇ, ਸਮਾਧੀ ਲਾ ਕੇ । ਸਿਧ—ਪੁਰਾਤਨ ਸੰਸਕ੍ਰਿਤ ਪੁਸਤਕਾਂ ਵਿਚ ਸਿੱਧ ਉਹ ਵਿਅਕਤੀ ਮੰਨੇ ਗਏ ਹਨ ਜੋ ਮਨੁੱਖਾਂ ਦੀ ਸ਼੍ਰੇਣੀ ਤੋਂ ਉਤਾਂਹ ਤੇ ਦੇਵਤਿਆਂ ਤੋਂ ਹੇਠ ਸਨ । ਇਹ ਸਿੱਧ ਪਵਿਤ੍ਰਤਾ ਦਾ ਪੁੰਜ ਸਨ, ਅਤੇ ਅੱਠਾਂ ਹੀ ਸਿੱਧੀਆਂ ਦੇ ਮਾਲਕ ਸਮਝੇ ਜਾਂਦੇ ਸਨ । ਬੀਚਾਰੇ—ਵਿਚਾਰ ਵਿਚਾਰ ਕੇ । ਸਤੀ—ਦਾਨੀ, ਦਾਨ ਕਰਨ ਵਾਲੇ । ਵੀਰ ਕਰਾਰੇ—ਤਕੜੇ ਸੂਰਮੇ ।

ਅਰਥ:- ਸਿੱਧ ਲੋਕ ਸਮਾਧੀਆਂ ਲਾ ਕੇ ਤੈਨੂੰ ਗਾ ਰਹੇ ਹਨ, ਸਾਧ ਵਿਚਾਰ ਕਰ ਕਰ ਕੇ ਤੈਨੂੰ ਸਾਲਾਹ ਰਹੇ ਹਨ । ਜਤ-ਧਾਰੀ, ਦਾਨ ਕਰਨ ਵਾਲੇ ਤੇ ਸੰਤੋਖ ਵਾਲੇ ਪੁਰਸ਼ ਤੇਰੇ ਗੁਣ ਗਾ ਰਹੇ ਹਨ, ਅਤੇ (ਬੇਅੰਤ) ਤਕੜੇ ਸੂਰਮੇ ਤੇਰੀਆਂ ਵਡਿਆਈਆਂ ਕਰ ਰਹੇ ਹਨ ।

ਪਦਅਰਥ:- ਪੜੇ—ਪੜ੍ਹੇ ਹੋਏ । ਰਖੀਸੁਰ—{ਰਿਖੀ ਈਸੁਰ} ਵੱਡੇ ਵੱਡੇ ਰਿਖੀ, ਮਹਾ ਰਿਖੀ । ਜੁਗੁ ਜੁਗੁ—ਹਰੇਕ ਜੁਗ ਵਿਚ, ਸਦਾ । ਬੇਦਾ ਨਾਲੇ—ਵੇਦਾਂ ਸਮੇਤ । ਮੋਹਣੀਆ—ਸੁੰਦਰ ਇਸਤ੍ਰੀਆਂ । ਮਨੁ ਮੋਹਨਿ—(ਜੋ) ਮਨ ਨੂੰ ਮੋਂਹਦੀਆਂ ਹਨ । ਮਛੁ—ਮਾਤ ਲੋਕ । ਪਇਆਲੇ—ਪਾਤਾਲ ਲੋਕ ।

ਅਰਥ:- (ਹੇ ਅਕਾਲ ਪੁਰਖ!) ਪੜ੍ਹੇ ਹੋਏ ਪੰਡਿਤ ਤੇ ਮਹਾ ਰਿਖੀ ਵੇਦਾਂ ਸਣੇ ਤੈਨੂੰ ਗਾ ਰਹੇ ਹਨ । ਸੁੰਦਰ ਇਸਤ੍ਰੀਆਂ ਜੋ ਮਨ ਨੂੰ ਮੋਂਹਦੀਆਂ ਹਨ, ਤੈਨੂੰ ਗਾ ਰਹੀਆਂ ਹਨ, ਸੁਰਗ-ਲੋਕ, ਮਾਤ-ਲੋਕ, ਪਾਤਾਲ-ਲੋਕ ਤੈਨੂੰ ਗਾ ਰਹੇ ਹਨ ।

ਪਦਅਰਥ:- ਉਪਾਏ ਤੇਰੇ—ਤੇਰੇ ਪੈਦਾ ਕੀਤੇ ਹੋਏ । ਅਠ ਸਠਿ—ਅਠਾਹਠ । ਤੀਰਥ ਨਾਲੇ—ਤੀਰਥਾਂ ਸਮੇਤ । ਜੇਤੇ—ਜਿਤਨੇ ਭੀ, ਸਾਰੇ । ਜੋਧ—ਜੋਧੇ । ਮਹਾ ਬਲ—ਵੱਡੇ ਬਲ ਵਾਲੇ । ਸੂਰਾ—ਸੂਰਮੇ । ਖਾਣੀ ਚਾਰੇ—ਚਾਰੇ ਖਾਣੀਆਂ: ਅੰਡਜ, ਜੇਰਜ, ਸੇਤਜ ਤੇ ਉਤਭੁਜ । ਖਾਣੀ—ਖਾਣ; ਜਿਸ ਨੂੰ ਪੁੱਟ ਕੇ ਵਿਚੋਂ ਧਾਤਾਂ ਜਾਂ ਰਤਨ ਆਦਿਕ ਪਦਾਰਥ ਕੱਢੇ ਜਾਣ । ਇਹ ਸੰਸਕ੍ਰਿਤ ਦਾ ਸ਼ਬਦ ਹੈ । ਧਾਤੂ 'ਖਨ' ਹੈ, ਜਿਸ ਦਾ ਅਰਥ ਹੈ: 'ਪੁੱਟਣਾ' । {ਪੁਰਾਤਨ ਸਮੇਂ ਤੋਂ ਇਹ ਖ਼ਿਆਲ ਹਿੰਦੂ ਧਰਮ-ਪੁਸਤਕਾਂ ਵਿਚ ਤੁਰਿਆ ਆ ਰਿਹਾ ਹੈ ਕਿ ਜਗਤ ਦੇ ਸਾਰੇ ਜੜ੍ਹ, ਚੇਤਨ ਪਦਾਰਥਾਂ ਦੇ ਬਣਨ ਦੀਆਂ ਚਾਰ ਖਾਣਾਂ ਹਨ—ਅੰਡਾ, ਜਿਉਰ, ਮੁੜ੍ਹਕਾ ਅਤੇ ਆਪਣੇ ਆਪ ਉੱਗ ਪੈਣਾ । ਚਾਰੇ ਖਾਣੀ ਦਾ ਭਾਵ ਹੈ ਚੌਹਾਂ ਹੀ ਖਾਣਾਂ ਦੇ ਜੀਵ-ਜੰਤੂ, ਸਾਰੀ ਰਚਨਾ} । ਖੰਡ—ਟੋਟਾ, ਬ੍ਰਹਮੰਡ ਦਾ ਟੋਟਾ, ਹਰੇਕ ਧਰਤੀ । ਮੰਡਲ—ਚੱਕ੍ਰ, ਬ੍ਰਹਮੰਡ ਦਾ ਇਕ ਚਕ੍ਰ, ਜਿਸ ਵਿਚ ਇਕ ਸੂਰਜ, ਇਕ ਚੰਦ੍ਰਮਾ ਤੇ ਧਰਤੀ ਆਦਿਕ ਗਿਣੇ ਜਾਂਦੇ ਹਨ । ਕਰਿ ਕਰਿ—ਬਣਾ ਕੇ, ਰਚ ਕੇ । ਧਾਰੇ—ਟਿਕਾਏ ਹੋਏ ।

ਅਰਥ:- (ਹੇ ਨਿਰੰਕਾਰ!) ਜਿਤਨੇ ਭੀ ਤੇਰੇ ਪੈਦਾ ਕੀਤੇ ਹੋਏ ਰਤਨ ਹਨ, ਉਹ ਅਠਾਹਠ ਤੀਰਥਾਂ ਸਮੇਤ ਤੈਨੂੰ ਗਾ ਰਹੇ ਹਨ । ਵੱਡੇ ਬਲ ਵਾਲੇ ਜੋਧੇ ਤੇ ਸੂਰਮੇ ਤੇਰੀ ਸਿਫ਼ਤਿ ਕਰ ਰਹੇ ਹਨ । ਸਾਰੀ ਸ੍ਰਿਸ਼ਟੀ, ਸ੍ਰਿਸ਼ਟੀ ਦੇ ਸਾਰੇ ਖੰਡ ਅਤੇ ਚੱਕ੍ਰ, ਜੋ ਤੂੰ ਪੈਦਾ ਕਰ ਕੇ ਟਿਕਾ ਰੱਖੇ ਹਨ; ਤੈਨੂੰ ਗਾਉਂਦੇ ਹਨ ।

ਪਦਅਰਥ:- ਸੇਈ—ਉਹ ਜੀਵ । ਤੁਧੁ ਭਾਵਨਿ—ਤੈਨੂੰ ਚੰਗੇ ਲੱਗਦੇ ਹਨ । ਰਾਤੇ—ਰੰਗੇ ਹੋਏ, ਪ੍ਰੇਮ ਵਿਚ ਮੱਤੇ ਹੋਏ । ਰਸਾਲੇ—(ਰਸ ਆਲਯ), ਰਸਾਂ ਦੇ ਘਰ, ਰਸੀਏ । ਹੋਰਿ ਕੇਤੇ—ਅਨੇਕਾਂ ਹੋਰ ਜੀਵ । ਮੈ ਚਿਤਿ—ਮੇਰੇ

ਚਿਤ ਵਿਚ । ਮੈ ਚਿਤਿ ਨ ਆਵਨਿ—ਮੇਰੇ ਚਿਤ ਵਿਚ ਨਹੀਂ ਆਉਂਦੇ, ਮੈਥੋਂ ਗਿਣੇ ਨਹੀਂ ਜਾ ਸਕਦੇ, ਮੇਰੀ ਵਿਚਾਰ ਤੋਂ ਪਰੇ ਹਨ । ਕਿਆ ਬੀਚਾਰੇ—ਕੀਹ ਵਿਚਾਰ ਕਰੇ ?

ਅਰਥ:– (ਹੇ ਅਕਾਲ ਪੁਰਖ !) (ਅਸਲ ਵਿਚ ਤਾਂ) ਉਹੋ ਤੇਰੇ ਪ੍ਰੇਮ ਵਿਚ ਰੱਤੇ ਰਸੀਏ ਭਗਤ ਜਨ ਤੈਨੂੰ ਗਾਉਂਦੇ ਹਨ (ਭਾਵ, ਉਨ੍ਹਾਂ ਦਾ ਹੀ ਗਾਉਣਾ ਸਫਲ ਹੈ) ਜੋ ਤੈਨੂੰ ਚੰਗੇ ਲੱਗਦੇ ਹਨ । ਅਨੇਕਾਂ ਹੋਰ ਜੀਵ ਤੈਨੂੰ ਗਾ ਰਹੇ ਹਨ, ਜੇਹੜੇ ਮੈਥੋਂ ਗਿਣੇ ਭੀ ਨਹੀਂ ਜਾ ਸਕਦੇ । (ਭਲਾ) ਨਾਨਕ (ਵਿਚਾਰਾ) ਕੀਹ ਵਿਚਾਰ ਕਰ ਸਕਦਾ ਹੈ ?

ਪਦਅਰਥ:– ਸਚੁ—ਥਿਰ ਰਹਿਣ ਵਾਲਾ, ਅਟੱਲ । ਨਾਈ—{ਸਨਾ Ônw ਅਰਬੀ ਲਫਜ਼} ਵਡਿਆਈ । ਹੋਸੀ—ਹੋਏਗਾ, ਥਿਰ ਰਹੇਗਾ । ਜਾਇ ਨ—ਜੰਮਦਾ ਨਹੀਂ । ਨ ਜਾਸੀ—ਨਾਹ ਹੀ ਮਰੇਗਾ । ਜਿਨਿ—ਜਿਸ ਅਕਾਲ ਪੁਰਖ ਨੇ । ਰਚਾਈ—ਪੈਦਾ ਕੀਤੀ ਹੈ ।

ਅਰਥ:– ਜਿਸ ਅਕਾਲ ਪੁਰਖ ਨੇ ਇਹ ਸ੍ਰਿਸ਼ਟੀ ਪੈਦਾ ਕੀਤੀ ਹੈ ਉਹ ਐਸ ਵੇਲੇ ਮੌਜੂਦ ਹੈ, ਸਦਾ ਰਹੇਗਾ, ਨਾਹ ਉਹ ਜੰਮਿਆ ਹੈ ਅਤੇ ਨਾਹ ਹੀ ਉਹ ਮਰੇਗਾ । ਉਹ ਪਰਮਾਤਮਾ ਸਦਾ-ਥਿਰ ਹੈ, ਉਹ ਮਾਲਕ ਸੱਚਾ ਹੈ, ਉਸ ਦੀ ਵਡਿਆਈ ਭੀ ਸਦਾ ਅਟੱਲ ਹੈ ।

ਪਦਅਰਥ:– ਰੰਗੀ ਰੰਗੀ—ਰੰਗਾਂ ਰੰਗਾਂ ਦੀ, ਕਈ ਰੰਗਾਂ ਦੀ । ਭਾਤੀ—ਕਈ ਕਿਸਮਾਂ ਦੀ । ਜਿਨਸੀ—ਕਈ ਜਿਨਸਾਂ ਦੀ । ਜਿਨਿ—ਜਿਸ (ਪਰਮਾਤਮਾ) ਨੇ । ਦੇਖੈ—ਸੰਭਾਲ ਕਰਦਾ ਹੈ । ਕੀਤਾ ਆਪਣਾ—ਆਪਣਾ ਰਚਿਆ ਹੋਇਆ ਜਗਤ । ਜਿਉ—ਜਿਵੇਂ । ਵਡਿਆਈ—ਰਜ਼ਾ ।

ਅਰਥ:– ਜਿਸ ਅਕਾਲ ਪੁਰਖ ਨੇ ਕਈ ਰੰਗਾਂ, ਕਿਸਮਾਂ ਅਤੇ ਜਿਨਸਾਂ ਦੀ ਮਾਇਆ ਰਚ ਦਿੱਤੀ ਹੈ, ਉਹ ਜਿਵੇਂ ਉਸ ਦੀ ਰਜ਼ਾ ਹੈ (ਭਾਵ, ਜੇਡਾ ਵੱਡਾ ਆਪ ਹੈ ਓਡੇ ਵੱਡੇ ਜਿਗਰੇ ਨਾਲ ਜਗਤ ਨੂੰ ਰਚ ਕੇ) ਆਪਣੇ ਪੈਦਾ ਕੀਤੇ ਹੋਏ ਦੀ ਸੰਭਾਲ ਭੀ ਕਰ ਰਿਹਾ ਹੈ ।

ਪਦਅਰਥ:– ਕਰਸੀ—ਕਰੇਗਾ । ਨ ਕਰਣਾ ਜਾਈ—ਨਹੀਂ ਕੀਤਾ ਜਾ ਸਕਦਾ । ਸਾਹਾ ਪਤਿ—ਸ਼ਾਹਾਂ ਦਾ ਸ਼ਾਹ, ਸ਼ਾਹਾਂ ਦਾ ਖਸਮ । ਰਹਣੁ—ਰਹਿਣਾ (ਹੋ ਸਕਦਾ ਹੈ), ਰਹਿਣਾ ਫੱਬਦਾ ਹੈ । ਰਜਾਈ—ਅਕਾਲ ਪੁਰਖ ਦੀ ਰਜ਼ਾ ਵਿਚ ।

ਅਰਥ:– ਜੋ ਕੁਝ ਅਕਾਲ ਪੁਰਖ ਨੂੰ ਭਾਉਂਦਾ ਹੈ, ਉਹੋ ਹੀ ਉਹ ਕਰੇਗਾ । ਕਿਸੇ ਜੀਵ ਪਾਸੋਂ ਪਰਮਾਤਮਾ ਅਗੇ ਹੁਕਮ ਨਹੀਂ ਕੀਤਾ ਜਾ ਸਕਦਾ, (ਉਸ ਨੂੰ ਇਹ ਨਹੀਂ ਆਖ ਸਕਦਾ—ਇਉਂ ਨ ਕਰੀਂ, ਇਉਂ ਕਰ) । ਅਕਾਲ ਪੁਰਖ ਪਾਤਸ਼ਾਹ ਹੈ, ਸ਼ਾਹਾਂ ਦਾ ਸ਼ਾਹ ਹੈ, ਮਾਲਕ ਹੈ । ਹੇ ਨਾਨਕ ! (ਸਾਨੂੰ) ਉਸ ਦੀ ਰਜ਼ਾ ਵਿਚ ਰਹਿਣਾ (ਹੀ ਫੱਬਦਾ ਹੈ) ।

ਨੋਟ:- ਪਉਣ, ਪਾਣੀ, ਬੈਸੰਤਰ ਆਦਿਕ ਅਚੇਤਨ ਪਦਾਰਥ ਕਿਵੇਂ ਅਕਾਲ ਪੁਰਖ ਦੀ ਸਿਫ਼ਤਿ-ਸਾਲਾਹ ਕਰ ਰਹੇ ਹਨ? ਇਸ ਦਾ ਭਾਵ ਇਹ ਹੈ ਕਿ ਉਸ ਦੇ ਪੈਦਾ ਕੀਤੇ ਸਾਰੇ ਤੱਤ ਭੀ ਉਸ ਦੀ ਰਜ਼ਾ ਵਿਚ ਤੁਰ ਰਹੇ ਹਨ । ਰਜ਼ਾ ਵਿਚ ਤੁਰਨਾ ਉਸ ਦੀ ਸਿਫ਼ਤਿ-ਸਾਲਾਹ ਹੀ ਕਰਨੀ ਹੈ ।

ਨੋਟ:- ਇਸ ਵਾਕ ਦੇ ਅਖ਼ੀਰਲੇ ਅੰਕ ਨੂੰ ਵੇਖੋ । ਇਸ ਦੀ ਬਨਾਵਟ ਵਲ ਭੀ ਧਿਆਨ ਮਾਰੋ । 'ਸ਼ਬਦਾਂ' ਵਾਂਗ ਇਸ ਦੇ ਵੱਖ ਵੱਖ ਬੰਦ ਨਹੀਂ ਹਨ । ਸਾਰੀਆਂ ੨੨ ਤੁਕਾਂ ਦਾ ਇਕੋ ਹੀ ਸੰਗ੍ਰਹਿ ਹੈ ਤੇ ਅਖ਼ੀਰ ਉਤੇ ਅੰਕ ੧ ਹੈ । ਸਾਰੇ ਗੁਰੂ ਗ੍ਰੰਥ ਸਾਹਿਬ ਵਿਚ ਤਰਤੀਬ ਇਹ ਹੈ ਕਿ ਪਹਿਲਾਂ ਗੁਰੂ ਨਾਨਕ ਦੇਵ ਜੀ ਦੇ ਸਾਰੇ ਸ਼ਬਦ ਦਰਜ ਹਨ, ਫਿਰ ਗੁਰੂ ਅਮਰਦਾਸ ਜੀ, ਗੁਰੂ ਰਾਮਦਾਸ ਜੀ ਅਤੇ ਗੁਰੂ ਅਰਜਨ ਸਾਹਿਬ ਦੇ । ਪਰ ਇਸ ਵਾਕ ਤੋਂ ਅਗੇ ਗੁਰੂ ਰਾਮਦਾਸ ਜੀ ਦਾ ਇਕ ਵਾਕ ਹੈ । ਉਸ ਤੋਂ ਪਿਛੋਂ ਗੁਰੂ ਨਾਨਕ ਸਾਹਿਬ ਦੇ 'ਸ਼ਬਦ' ਸ਼ੁਰੂ ਹੁੰਦੇ

ਹਨ ਜੋ ਗਿਣਤੀ ਵਿਚ ੩੯ ਹਨ । ਇਸ ਵਾਕ ਨੂੰ ਉਹਨਾਂ ਸ਼ਬਦਾਂ ਦੀ ਗਿਣਤੀ ਵਿਚ ਨਹੀਂ ਰੱਖਿਆ ਗਿਆ । ਸੋ, ਇਹ ਵਾਕ 'ਸ਼ਬਦ' ਨਹੀਂ ਹੈ । ਇਸ ਦਾ ਸਿਰਲੇਖ ਹੈ 'ਸੋ ਦਰੁ' । ਗੁਰੂ ਰਾਮਦਾਸ ਜੀ ਦਾ ਵਾਕ ਹੈ 'ਸੋ ਪੁਰਖੁ' । ਇਹ ਦੋਵੇਂ 'ਸੋ ਦਰੁ' ਅਤੇ 'ਸੋ ਪੁਰਖੁ' ਵੱਖਰੀ ਸ਼੍ਰੇਣੀ ਵਿਚ ਰੱਖੇ ਗਏ ਹਨ । ਇਸ ਸ਼੍ਰੇਣੀ ਦੇ ਪਿਛੋਂ ਮੂਲ-ਮੰਤ੍ਰ ਨਵੇਂ ਸਿਰੇ ਦਰਜ ਹੈ । ਇਸ ਦਾ ਭੀ ਇਹੀ ਭਾਵ ਹੈ ਕਿ ਪਹਿਲਾ ਸੰਗ੍ਰਹਿ ਮੁੱਕ ਗਿਆ ਹੈ, ਹੁਣ ਦੂਜਾ ਸੰਗ੍ਰਹਿ ਸ਼ੁਰੂ ਹੁੰਦਾ ਹੈ ।

ਆਸਾ ਮਹਲਾ ੪ ॥ ਸੋ ਪੁਰਖੁ ਨਿਰੰਜਨੁ ਹਰਿ ਪੁਰਖੁ ਨਿਰੰਜਨੁ ਹਰਿ ਅਗਮਾ ਅਗਮ ਅਪਾਰਾ ॥ ਸਭਿ ਧਿਆਵਹਿ ਸਭਿ ਧਿਆਵਹਿ ਤੁਧੁ ਜੀ ਹਰਿ ਸਚੇ ਸਿਰਜਣਹਾਰਾ ॥ ਸਭਿ ਜੀਅ ਤੁਮਾਰੇ ਜੀ ਤੂੰ ਜੀਆ ਕਾ ਦਾਤਾਰਾ ॥ ਹਰਿ ਧਿਆਵਹੁ ਸੰਤਹੁ ਜੀ ਸਭਿ ਦੂਖ ਵਿਸਾਰਣਹਾਰਾ ॥ ਹਰਿ ਆਪੇ ਠਾਕੁਰੁ ਹਰਿ ਆਪੇ ਸੇਵਕੁ ਜੀ ਕਿਆ ਨਾਨਕ ਜੰਤ ਵਿਚਾਰਾ ॥੧॥ ਤੂੰ ਘਟ ਘਟ ਅੰਤਰਿ ਸਰਬ ਨਿਰੰਤਰਿ ਜੀ ਹਰਿ ਏਕੋ ਪੁਰਖੁ ਸਮਾਣਾ ॥ ਇਕਿ ਦਾਤੇ ਇਕਿ ਭੇਖਾਰੀ ਜੀ ਸਭਿ ਤੇਰੇ ਚੋਜ ਵਿਡਾਣਾ ॥ ਤੂੰ ਆਪੇ ਦਾਤਾ ਆਪੇ ਭੁਗਤਾ ਜੀ ਹਉ ਤੁਧੁ ਬਿਨੁ ਅਵਰੁ ਨ ਜਾਣਾ ॥ ਤੂੰ ਪਾਰਬ੍ਰਹਮੁ ਬੇਅੰਤੁ ਬੇਅੰਤੁ ਜੀ ਤੇਰੇ ਕਿਆ ਗੁਣ ਆਖਿ ਵਖਾਣਾ ॥ ਜੋ ਸੇਵਹਿ ਜੋ ਸੇਵਹਿ ਤੁਧੁ ਜੀ ਜਨੁ ਨਾਨਕੁ ਤਿਨ੍ ਕੁਰਬਾਣਾ ॥੨॥ ਹਰਿ ਧਿਆਵਹਿ ਹਰਿ ਧਿਆਵਹਿ ਤੁਧੁ ਜੀ ਸੇ ਜਨ ਜੁਗ ਮਹਿ ਸੁਖ ਵਾਸੀ ॥ ਸੇ ਮੁਕਤੁ ਸੇ ਮੁਕਤੁ ਭਏ ਜਿਨ੍ ਹਰਿ ਧਿਆਇਆ ਜੀਉ ਤਿਨ ਟੂਟੀ ਜਮ ਕੀ ਫਾਸੀ ॥ ਜਿਨ ਨਿਰਭਉ ਜਿਨ੍ ਹਰਿ ਨਿਰਭਉ ਧਿਆਇਆ ਜੀਉ ਤਿਨ ਕਾ ਭਉ ਸਭੁ ਗਵਾਸੀ ॥ ਜਿਨ੍ ਸੇਵਿਆ ਜਿਨ੍ ਸੇਵਿਆ ਮੇਰਾ ਹਰਿ ਜੀਉ ਤੇ ਹਰਿ ਹਰਿ ਰੂਪਿ ਸਮਾਸੀ ॥ ਸੇ ਧੰਨੁ ਸੇ ਧੰਨੁ ਜਿਨ ਹਰਿ ਧਿਆਇਆ ਜੀਉ ਜਨੁ ਨਾਨਕੁ ਤਿਨ ਬਲਿ ਜਾਸੀ ॥੩॥ ਤੇਰੀ ਭਗਤਿ ਤੇਰੀ ਭਗਤਿ ਭੰਡਾਰ ਜੀ ਭਰੇ ਬੇਅੰਤ ਬੇਅੰਤਾ ॥ ਤੇਰੇ ਭਗਤ ਤੇਰੇ ਭਗਤ ਸਲਾਹਨਿ ਤੁਧੁ ਜੀ ਹਰਿ ਅਨਿਕ ਅਨੇਕ ਅਨੰਤਾ ॥ ਤੇਰੀ ਅਨਿਕ ਤੇਰੀ ਅਨਿਕ ਕਰਹਿ ਹਰਿ ਪੂਜਾ ਜੀ ਤਪੁ ਤਾਪਹਿ ਜਪਹਿ ਬੇਅੰਤਾ ॥ ਤੇਰੇ ਅਨੇਕ ਤੇਰੇ ਅਨੇਕ ਪੜਹਿ ਬਹੁ ਸਿੰਮ੍ਰਿਤਿ ਸਾਸਤ ਜੀ ਕਰਿ ਕਿਰਿਆ ਖਟੁ ਕਰਮ ਕਰੰਤਾ ॥ ਸੇ ਭਗਤ ਸੇ ਭਗਤ ਭਲੇ ਜਨ ਨਾਨਕ ਜੀ ਜੋ ਭਾਵਹਿ ਮੇਰੇ ਹਰਿ ਭਗਵੰਤਾ ॥੪॥ ਤੂੰ ਆਦਿ ਪੁਰਖੁ ਅਪਰੰਪਰੁ ਕਰਤਾ ਜੀ ਤੁਧੁ ਜੇਵਡੁ ਅਵਰੁ ਨ ਕੋਈ ॥ ਤੂੰ ਜੁਗੁ ਜੁਗੁ ਏਕੋ ਸਦਾ ਸਦਾ ਤੂੰ ਏਕੋ ਜੀ ਤੂੰ ਨਿਹਚਲੁ ਕਰਤਾ ਸੋਈ ॥ ਤੁਧੁ ਆਪੇ ਭਾਵੈ ਸੋਈ ਵਰਤੈ ਜੀ ਤੂੰ ਆਪੇ ਕਰਹਿ ਸੁ ਹੋਈ ॥ ਤੁਧੁ ਆਪੇ ਸ੍ਰਿਸਟਿ ਸਭ ਉਪਾਈ ਜੀ ਤੁਧੁ ਆਪੇ ਸਿਰਜਿ ਸਭ ਗੋਈ ॥ ਜਨੁ ਨਾਨਕੁ ਗੁਣ ਗਾਵੈ ਕਰਤੇ ਕੇ ਜੀ ਜੋ ਸਭਸੈ ਕਾ ਜਾਣੋਈ ॥੫॥੨॥ {ਪੰਨਾ 348}

ਪਦਅਰਥ:- ਸੋ—ਉਹ । ਪੁਰਖੁ—ਜੋ ਹਰੇਕ ਸਰੀਰ ਵਿਚ ਵਿਆਪਕ ਹੈ । ਨਿਰੰਜਨੁ—ਨਿਰ-ਅੰਜਨੁ {ਅੰਜਨ—ਕਾਲਖ, ਮਾਇਆ} ਜਿਸ ਉਤੇ ਮਾਇਆ ਦਾ ਪ੍ਰਭਾਵ ਨਹੀਂ ਹੈ । ਅਗਮ—ਅ-ਗਮ {ਗਮ—ਪਹੁੰਚ} ਪਹੁੰਚ ਤੋਂ ਪਰੇ । ਅਪਾਰ—ਅ-ਪਾਰ, ਜਿਸ ਦਾ ਪਾਰਲਾ ਬੰਨਾ ਨਾਹ ਲੱਭ ਸਕੇ, ਬੇਅੰਤ । ਸਭਿ—ਸਾਰੇ ਜੀਵ । ਸਿਰਜਣਹਾਰਾ—ਹੇ ਕਰਤਾਰ! ਦਾਤਾਰਾ—ਰਾਜ਼ਕ । ਠਾਕੁਰੁ—ਮਾਲਕ ।੧।

ਅਰਥ:- ਉਹ ਪਰਮਾਤਮਾ ਸਭ ਜੀਵਾਂ ਵਿਚ ਵਿਆਪਕ ਹੈ, (ਫਿਰ ਭੀ) ਮਾਇਆ ਦੇ ਪ੍ਰਭਾਵ ਤੋਂ ਉਤਾਂਹ ਹੈ, ਅਪਹੁੰਚ ਹੈ ਤੇ ਬੇਅੰਤ ਹੈ ।

ਹੇ ਸਦਾ ਕਾਇਮ ਰਹਿਣ ਵਾਲੇ ਤੇ ਸਭ ਜੀਵਾਂ ਨੂੰ ਪੈਦਾ ਕਰਨ ਵਾਲੇ ਹਰੀ! ਸਾਰੇ ਜੀਆ-ਜੰਤ ਤੈਨੂੰ ਸਿਮਰਦੇ ਹਨ । ਸਾਰੇ ਜੀਵ ਤੇਰੇ ਹੀ ਪੈਦਾ ਕੀਤੇ ਹੋਏ ਹਨ, ਤੂੰ ਸਭ ਜੀਵਾਂ ਨੂੰ ਰਿਜ਼ਕ ਦੇਣ ਵਾਲਾ ਹੈਂ ।

ਹੇ ਸੰਤ ਜਨੋ! ਉਸ ਪ੍ਰਭੂ ਨੂੰ ਸਿਮਰੋ, ਉਹ ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ । ਉਹ ਪ੍ਰਭੂ (ਜੀਵਾਂ ਵਿਚ ਵਿਆਪਕ ਹੋਣ ਕਰਕੇ) ਆਪ ਹੀ ਮਾਲਕ ਹੈ ਤੇ ਆਪ ਹੀ ਸੇਵਕ ਹੈ ।

ਹੇ ਨਾਨਕ! ਜੀਵ ਵਿਚਾਰੇ ਕੀਹ ਹਨ? (ਭਾਵ, ਜੀਵਾਂ ਦੀ ਉਸ ਪ੍ਰਭੂ ਤੋਂ ਵੱਖਰੀ ਕੋਈ ਹਸਤੀ ਨਹੀਂ) ।੧।

ਪਦਅਰਥ:- ਘਟ—ਸਰੀਰ । ਅੰਤਰਿ—ਅੰਦਰ । ਘਟ ਘਟ ਅੰਤਰਿ—ਹਰੇਕ ਸਰੀਰ ਦੇ ਅੰਦਰ । ਨਿਰੰਤਰਿ—ਅੰਦਰ ਇਕ-ਰਸ । ਇਕਿ—{ਪੜਨਾਂਵ 'ਇਕ' ਤੋਂ ਬਹੁ-ਵਚਨ} ਕਈ ਜੀਵ । ਚੋਜ—ਤਮਾਸ਼ੇ, ਕੌਤਕ । ਵਿਡਾਣਾ—ਅਸਚਰਜ । ਭੁਗਤਾ—ਭੋਗਣ ਵਾਲਾ, ਖਾਣ ਵਾਲਾ । ਆਖਿ—ਆਖ ਕੇ । ਵਖਾਣਾ—ਮੈਂ ਦੱਸਾਂ ।੨।

ਅਰਥ:- ਹੇ ਹਰੀ! ਤੂੰ ਹਰੇਕ ਸਰੀਰ ਵਿਚ ਵਿਆਪਕ ਹੈਂ, ਤੂੰ ਸਭ ਜੀਵਾਂ ਵਿਚ ਇਕ-ਰਸ ਮੌਜੂਦ ਹੈਂ, ਤੂੰ ਇਕ ਆਪ ਹੀ ਸਭ ਜੀਵਾਂ ਵਿਚ ਸਮਾਇਆ ਹੋਇਆ ਹੈਂ । (ਫਿਰ ਭੀ) ਕਈ ਜੀਵ ਦਾਨੀ ਹਨ, ਕਈ ਜੀਵ ਮੰਗਤੇ ਹਨ—ਇਹ ਤੇਰੇ ਹੀ ਅਸਚਰਜ ਤਮਾਸ਼ੇ ਹਨ (ਕਿਉਂਕਿ ਅਸਲ ਵਿਚ) ਤੂੰ ਆਪ ਹੀ ਦਾਤਾਂ ਦੇਣ ਵਾਲਾ ਹੈਂ, ਤੇ ਆਪ ਹੀ (ਉਹਨਾਂ ਦਾਤਾਂ ਨੂੰ) ਵਰਤਣ ਵਾਲਾ ਹੈਂ । (ਸਾਰੀ ਸ੍ਰਿਸ਼ਟੀ ਵਿਚ) ਮੈਂ ਤੈਥੋਂ ਬਿਨਾ ਕਿਸੇ ਹੋਰ ਨੂੰ ਨਹੀਂ ਪਛਾਣਦਾ (ਭਾਵ, ਤੈਥੋਂ ਬਿਨਾ ਕੋਈ ਹੋਰ ਦੂਜਾ ਨਹੀਂ ਦਿੱਸਦਾ) । ਮੈਂ ਤੇਰੇ ਕੇਹੜੇ ਕੇਹੜੇ ਗੁਣ ਆਖ ਕੇ ਦੱਸਾਂ? ਤੂੰ ਬੇਅੰਤ ਪਾਰਬ੍ਰਹਮ ਹੈਂ, ਤੂੰ ਬੇਅੰਤ ਪਾਰਬ੍ਰਹਮ ਹੈਂ । ਹੇ ਪ੍ਰਭੂ! ਜੋ ਤੈਨੂੰ ਯਾਦ ਕਰਦੇ ਹਨ ਜੋ ਤੈਨੂੰ ਸਿਮਰਦੇ ਹਨ, ਦਾਸ ਨਾਨਕ ਉਹਨਾਂ ਤੋਂ ਸਦਕੇ ਜਾਂਦਾ ਹੈ ।੨।

ਪਦਅਰਥ:- ਸੇ ਜਨ—ਉਹੀ ਮਨੁੱਖ {ਬਹੁ-ਵਚਨ} । ਜੁਗ ਮਹਿ—ਜ਼ਿੰਦਗੀ ਵਿਚ । ਸੁਖ ਵਾਸੀ—ਸੁਖ ਨਾਲ ਰਹਿਣ ਵਾਲੇ । ਮੁਕਤੁ—(ਮਾਇਆ ਦੇ ਬੰਧਨਾਂ ਤੋਂ) ਅਜ਼ਾਦ । ਰੂਪਿ—ਰੂਪ ਵਿਚ । ਸਮਾਸੀ—ਲੀਨ ਹੋ ਜਾਂਦੇ ਹਨ । ਧੰਨੁ—ਭਾਗਾਂ ਵਾਲੇ ।੩।

ਅਰਥ:- ਹੇ ਹਰੀ! ਜੋ ਮਨੁੱਖ ਤੈਨੂੰ ਸਿਮਰਦੇ ਹਨ ਜੋ ਤੈਨੂੰ ਧਿਆਉਂਦੇ ਹਨ, ਉਹ ਆਪਣੀ ਜ਼ਿੰਦਗੀ ਵਿਚ ਸੁਖੀ ਵੱਸਦੇ ਹਨ ।

ਜਿਨ੍ਹਾਂ ਮਨੁੱਖਾਂ ਨੇ ਹਰੀ-ਨਾਮ ਸਿਮਰਿਆ ਹੈ, ਉਹ ਸਦਾ ਲਈ ਮਾਇਆ ਦੇ ਬੰਧਨਾਂ ਤੋਂ ਆਜ਼ਾਦ ਹੋ ਗਏ ਹਨ, ਉਹਨਾਂ ਦੀ ਜਮਾਂ ਵਾਲੀ ਫਾਹੀ ਟੁੱਟ ਗਈ ਹੈ । ਜਿਨ੍ਹਾਂ ਨੇ ਨਿਰਭਉ ਪ੍ਰਭੂ ਨੂੰ ਧਿਆਇਆ ਹੈ, ਪ੍ਰਭੂ ਉਹਨਾਂ ਦਾ ਸਾਰਾ ਡਰ ਦੂਰ ਕਰ ਦੇਂਦਾ ਹੈ । ਜਿਨ੍ਹਾਂ ਨੇ ਪਿਆਰੇ ਪ੍ਰਭੂ ਨੂੰ ਸਿਮਰਿਆ ਹੈ, ਉਹ ਪ੍ਰਭੂ ਦੇ ਸਰੂਪ ਵਿਚ ਹੀ ਲੀਨ ਹੋ ਗਏ ਹਨ । ਭਾਗਾਂ ਵਾਲੇ ਹਨ ਉਹ ਮਨੁੱਖ; ਧੰਨ ਹਨ ਉਹ ਮਨੁੱਖ, ਜਿਨ੍ਹਾਂ ਨੇ ਪ੍ਰਭੂ ਨੂੰ ਧਿਆਇਆ ਹੈ, ਦਾਸ ਨਾਨਕ ਉਹਨਾਂ ਤੋਂ ਕੁਰਬਾਨ ਜਾਂਦਾ ਹੈ ।੩।

ਪਦਅਰਥ:- ਭਗਤਿ ਭੰਡਾਰ—ਭਗਤੀ ਦੇ ਖ਼ਜ਼ਾਨੇ । ਭਗਤ—ਬੰਦਗੀ ਕਰਨ ਵਾਲੇ {ਨੋਟ:- ਲਫ਼ਜ਼ 'ਭਗਤਿ' ਤੇ 'ਭਗਤ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ} । ਅਨਿਕ—ਅਨੇਕਾਂ । ਤਪੁ—ਧੂਣੀਆਂ ਆਦਿਕ ਦਾ ਸਰੀਰਕ ਔਖ । ਸਿਮ੍ਰਿਤਿ—ਉਹ ਧਾਰਮਿਕ ਪੁਸਤਕ ਜੋ ਹਿੰਦੂ ਵਿਦਵਾਨ ਰਿਸ਼ੀਆਂ ਨੇ ਵੇਦਾਂ ਨੂੰ ਚੇਤੇ ਕਰ ਕੇ ਆਪਣੇ ਸਮਾਜ ਦੀ ਅਗਵਾਈ ਲਈ ਲਿਖੇ; ਇਹਨਾਂ ਦੀ ਗਿਣਤੀ ੨੭ ਦੇ ਕਰੀਬ ਹੈ । ਸਾਸਤ—ਹਿੰਦੂ ਧਰਮ ਦੇ

ਫ਼ਲਸਫ਼ੇ ਦੇ ਪੁਸਤਕ ਜੋ ਗਿਣਤੀ ਵਿਚ ਛੇ ਹਨ—ਸਾਂਖ, ਯੋਗ, ਨਿਆਇ, ਵੈਸ਼ੇਸ਼ਿਕ, ਮੀਮਾਂਸਾ, ਵੇਦਾਂਤ । ਕਿਰਿਆ—ਧਾਰਮਿਕ ਸੰਸਕਾਰ । ਖਟੁ—ਛੇ । ਖਟੁ ਕਰਮ—ਮਨੂ-ਸਿਮ੍ਰਿਤਿ ਅਨੁਸਾਰ ਇਹ ਛੇ ਕਰਮ ਇਉਂ ਹਨ—ਪੜ੍ਹਨਾ, ਪੜ੍ਹਾਣਾ, ਜੱਗ ਕਰਨਾ, ਜੱਗ ਕਰਾਣਾ, ਦਾਨ ਦੇਣਾ, ਦਾਨ ਲੈਣਾ । ਕਰੰਤਾ—ਕਰਦੇ ਹਨ । ਭਾਵਹਿ—ਚੰਗੇ ਲੱਗਦੇ ਹਨ ।੪।

ਅਰਥ:- ਹੇ ਪ੍ਰਭੂ ! ਤੇਰੀ ਭਗਤੀ ਦੇ ਬੇਅੰਤ ਖ਼ਜ਼ਾਨੇ ਭਰੇ ਪਏ ਹਨ । ਹੇ ਹਰੀ ! ਅਨੇਕਾਂ ਤੇ ਬੇਅੰਤ ਤੇਰੇ ਭਗਤ ਤੇਰੀ ਸਿਫ਼ਤਿ-ਸਾਲਾਹ ਕਰਦੇ ਹਨ । ਹੇ ਪ੍ਰਭੂ ! ਅਨੇਕਾਂ ਜੀਵ ਤੇਰੀ ਪੂਜਾ ਕਰਦੇ ਹਨ, ਬੇਅੰਤ ਜੀਵ (ਤੈਨੂੰ ਮਿਲਣ ਲਈ) ਤਾਪ ਸਾਧਦੇ ਹਨ । ਤੇਰੇ ਅਨੇਕਾਂ (ਸੇਵਕ) ਕਈ ਸਿਮ੍ਰਿਤੀਆਂ ਤੇ ਸ਼ਾਸਤ੍ਰ ਪੜ੍ਹਦੇ ਹਨ, (ਤੇ ਉਹਨਾਂ ਦੇ ਦੱਸੇ ਹੋਏ) ਛੇ ਧਾਰਮਿਕ ਕੰਮ ਤੇ ਹੋਰ ਕਰਮ ਕਰਦੇ ਹਨ ।

ਹੇ ਦਾਸ ਨਾਨਕ ! ਉਹ ਭਗਤ ਭਲੇ ਹਨ (ਭਾਵ ਉਹਨਾਂ ਦੀ ਘਾਲ ਥਾਂਇ ਪਈ ਜਾਣੋ) ਜੋ ਪਿਆਰੇ ਹਰਿ-ਭਗਵੰਤ ਨੂੰ ਪਿਆਰੇ ਲੱਗਦੇ ਹਨ ।੪।

ਪਦਅਰਥ:- ਅਪਰੰਪਰ—ਅ-ਪਰੰਪਰ, ਜਿਸ ਦਾ ਪਰਲੇ ਤੋਂ ਪਰਲਾ ਬੰਨਾ ਨਾਹ ਲੱਭ ਸਕੇ, ਬੇਅੰਤ । ਜੇਵਡੁ—ਜੇਡਾ, ਬਰਾਬਰ ਦਾ । ਜੁਗੁ ਜੁਗੁ—ਹਰੇਕ ਜੁਗ ਵਿਚ । ਨਿਹਚਲੁ—ਨਾਹ ਹਿੱਲਣ ਵਾਲਾ, ਸਦਾ-ਥਿਰ । ਵਰਤੈ—ਵਰਤਦਾ ਹੈ, ਹੁੰਦਾ ਹੈ । ਸਿਰਜਿ—ਪੈਦਾ ਕਰ ਕੇ । ਗੋਈ—ਨਾਸ ਕਰ ਦਿੱਤੀ । ਜਾਣੋਈ—ਜਾਣਨ ਵਾਲਾ ।੫।

ਅਰਥ:- ਹੇ ਪ੍ਰਭੂ ! ਤੂੰ ਸਭ ਦਾ ਮੂਲ ਹੈਂ, ਸਭ ਵਿਚ ਵਿਆਪਕ ਹੈਂ, ਬੇਅੰਤ ਹੈਂ, ਸਭ ਦਾ ਪੈਦਾ ਕਰਨ ਵਾਲਾ ਹੈਂ, ਤੇਰੇ ਬਰਾਬਰ ਦਾ ਹੋਰ ਕੋਈ ਨਹੀਂ ਹੈ । ਤੂੰ ਹਰੇਕ ਜੁਗ ਵਿਚ ਆਪ ਹੀ ਹੈਂ, ਤੂੰ ਸਦਾ ਹੀ ਇਕ ਆਪ ਹੀ ਹੈਂ, ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਸਭ ਦਾ ਪੈਦਾ ਕਰਨ ਵਾਲਾ ਹੈਂ ਤੇ ਸਭ ਦੀ ਸਾਰ ਲੈਣ ਵਾਲਾ ਹੈਂ । ਜਗਤ ਵਿਚ ਉਹੀ ਕੁਝ ਹੁੰਦਾ ਹੈ ਜੋ ਤੈਨੂੰ ਆਪ ਨੂੰ ਪਸੰਦ ਹੈ, ਉਹੀ ਹੁੰਦਾ ਹੈ ਜੋ ਤੂੰ ਆਪ ਹੀ ਕਰਦਾ ਹੈਂ । (ਹੇ ਪ੍ਰਭੂ !) ਸਾਰੀ ਸ੍ਰਿਸ਼ਟੀ ਤੂੰ ਆਪ ਹੀ ਪੈਦਾ ਕੀਤੀ ਹੈ, ਤੂੰ ਆਪ ਹੀ ਪੈਦਾ ਕਰ ਕੇ ਆਪ ਹੀ ਨਾਸ ਕਰਦਾ ਹੈਂ ।

ਦਾਸ ਨਾਨਕ ਉਸ ਕਰਤਾਰ ਦੇ ਗੁਣ ਗਾਂਦਾ ਹੈ, ਜੋ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ ।੫।੨।

ੴ ਸਤਿਗੁਰ ਪ੍ਰਸਾਦਿ ॥ ਰਾਗੁ ਆਸਾ ਮਹਲਾ ੧ ਚਉਪਦੇ ਘਰੁ ੨ ॥ ਸੁਣਿ ਵਡਾ ਆਖੈ ਸਭ ਕੋਈ ॥ ਕੇਵਡੁ ਵਡਾ ਡੀਠਾ ਹੋਈ ॥ ਕੀਮਤਿ ਪਾਇ ਨ ਕਹਿਆ ਜਾਇ ॥ ਕਹਣੈ ਵਾਲੇ ਤੇਰੇ ਰਹੇ ਸਮਾਇ ॥੧॥ ਵਡੇ ਮੇਰੇ ਸਾਹਿਬਾ ਗਹਿਰ ਗੰਭੀਰਾ ਗੁਣੀ ਗਹੀਰਾ ॥ ਕੋਈ ਨ ਜਾਣੈ ਤੇਰਾ ਕੇਤਾ ਕੇਵਡੁ ਚੀਰਾ ॥੧॥ ਰਹਾਉ ॥ ਸਭਿ ਸੁਰਤੀ ਮਿਲਿ ਸੁਰਤਿ ਕਮਾਈ ॥ ਸਭ ਕੀਮਤਿ ਮਿਲਿ ਕੀਮਤਿ ਪਾਈ ॥ ਗਿਆਨੀ ਧਿਆਨੀ ਗੁਰ ਗੁਰ ਹਾਈ ॥ ਕਹਣੁ ਨ ਜਾਈ ਤੇਰੀ ਤਿਲੁ ਵਡਿਆਈ ॥੨॥ ਸਭਿ ਸਤ ਸਭਿ ਤਪ ਸਭਿ ਚੰਗਿਆਈਆ ॥ ਸਿਧਾ ਪੁਰਖਾ ਕੀਆ ਵਡਿਆਈਆਂ ॥ ਤੁਧੁ ਵਿਣੁ ਸਿਧੀ ਕਿਨੈ ਨ ਪਾਈਆ ॥ ਕਰਮਿ ਮਿਲੈ ਨਾਹੀ ਠਾਕਿ ਰਹਾਈਆ ॥੩॥ ਆਖਣ ਵਾਲਾ ਕਿਆ ਬੇਚਾਰਾ ॥ ਸਿਫਤੀ ਭਰੇ ਤੇਰੇ ਭੰਡਾਰਾ ॥ ਜਿਸੁ ਤੂੰ ਦੇਹਿ ਤਿਸੈ ਕਿਆ ਚਾਰਾ ॥ ਨਾਨਕ ਸਚੁ ਸਵਾਰਣਹਾਰਾ ॥੪॥੧॥ {ਪੰਨਾ 349}

ਪਦਅਰਥ:- ਸਭ ਕੋਈ—ਹਰੇਕ ਜੀਵ । ਸੁਣਿ—ਸੁਣ ਕੇ । ਕੇਵਡੁ—ਕੇਡਾ । ਡੀਠਾ—ਵੇਖਿਆਂ ਹੀ ।

ਹੋਈ—(ਬਿਆਨ) ਹੋ ਸਕਦਾ ਹੈ, ਦੱਸਿਆ ਜਾ ਸਕਦਾ ਹੈ । ਕੀਮਤਿ—ਮੁੱਲ, ਬਰਾਬਰ ਦੀ ਸ਼ੈ । ਕੀਮਤਿ ਪਾਇ ਨ—ਮੁੱਲ ਨਹੀਂ ਪਾਇਆ ਜਾ ਸਕਦਾ, ਉਸ ਦੇ ਬਰਾਬਰ ਦੀ ਕੋਈ ਹਸਤੀ ਦੱਸੀ ਨਹੀਂ ਜਾ ਸਕਦੀ । ਰਹੇ ਸਮਾਇ—ਲੀਨ ਹੋ ਜਾਂਦੇ ਹਨ ।੧।

ਗਹਿਰ—ਡੂੰਘਾ । ਗੁਣੀ ਗਹੀਰਾ—ਗੁਣਾਂ ਕਰ ਕੇ ਡੂੰਘਾ; ਬੇਅੰਤ ਗੁਣਾਂ ਵਾਲਾ । ਚੀਰਾ—ਪਾਟ, ਚੌੜਾਈ, ਦਰਿਆ ਦਾ ਪਾਟ ।੧।ਰਹਾਉ।

ਸਭਿ—ਸਾਰਿਆਂ ਨੇ । ਸੁਰਤੀ—ਸੁਰਤਿ । ਸਭਿ ਮਿਲਿ—ਸਾਰਿਆਂ ਨੇ ਮਿਲ ਕੇ, ਇਕ ਦੂਜੇ ਦੀ ਸਹਾਇਤਾ ਲੈ ਕੇ । ਸੁਰਤਿ ਕਮਾਈ—ਸਮਾਧੀ ਲਾਈ । ਗੁਰ—ਵੱਡੇ । ਗੁਰ ਭਾਈ—ਵੱਡਿਆਂ ਦੇ ਭਰਾ, ਅਜੇਹੇ ਹੋਰ ਕਈ ਵੱਡੇ । ਗੁਰ ਗੁਰਹਾਈ—ਕਈ ਵੱਡੇ ਵੱਡੇ ਪ੍ਰਸਿੱਧ {ਨੋਟ:- ਇਹ ਲਫ਼ਜ਼ 'ਗੁਰ ਗੁਰਹਾਈ' ਲਫ਼ਜ਼ 'ਗਿਆਨੀ ਧਿਆਨੀ' ਦਾ ਵਿਸ਼ੇਸ਼ਣ ਹਨ} । ਗਿਆਨੀ—ਵਿਚਾਰਵਾਨ, ਉੱਚੀ ਸਮਝ ਵਾਲੇ । ਧਿਆਨੀ—ਸੁਰਤਿ ਜੋੜਨ ਵਾਲੇ । ਤਿਲੁ—ਰਤਾ ਜਿਤਨੀ ਭੀ ।੨।

ਸਭਿ ਸਤ—ਸਾਰੇ ਭਲੇ ਕੰਮ । ਤਪ—ਕਸ਼ਟ, ਔਖਿਆਈਆਂ । ਚੰਗਿਆਈਆ—ਚੰਗੇ ਗੁਣ । ਸਿਧ—ਪੁੱਗੇ ਹੋਏ, ਜੀਵਨ ਵਿਚ ਸਫਲ ਹੋਏ ਮਨੁੱਖ । ਸਿਧੀ—ਸਫਲਤਾ, ਕਾਮਯਾਬੀ । ਕਰਮਿ—ਮਿਹਰ ਨਾਲ, ਬਖ਼ਸ਼ਸ਼ ਦੀ ਰਾਹੀਂ । ਠਾਕਿ—ਵਰਜ ਕੇ ।੩।

ਸਿਫਤੀ—ਸਿਫ਼ਤਾਂ ਨਾਲ, ਗੁਣਾਂ ਨਾਲ । ਚਾਰਾ—ਜ਼ੋਰ, ਤਦਬੀਰ, ਜਤਨ ।੪।

ਅਰਥ:- ਹਰੇਕ ਜੀਵ (ਹੋਰਨਾਂ ਪਾਸੋਂ ਸਿਰਫ਼) ਸੁਣ ਕੇ (ਹੀ) ਆਖ ਦੇਂਦਾ ਹੈ ਕਿ (ਹੇ ਪ੍ਰਭੂ!) ਤੂੰ ਵੱਡਾ ਹੈਂ । ਪਰ ਤੂੰ ਕੇਡਾ ਵੱਡਾ ਹੈਂ ਇਹ ਗੱਲ ਤੈਨੂੰ ਵੇਖਿਆਂ ਹੀ ਦੱਸੀ ਜਾ ਸਕਦੀ ਹੈ । ਤੇਰੇ ਵਡੱਪਣ ਦਾ ਅੰਦਾਜ਼ਾ ਨਹੀਂ ਲਾਇਆ ਜਾ ਸਕਦਾ, (ਇਹ) ਨਹੀਂ ਦੱਸਿਆ ਜਾ ਸਕਦਾ (ਕਿ ਤੂੰ ਕੇਡਾ ਵੱਡਾ ਹੈਂ) ਤੇਰੀ ਵਡਿਆਈ ਆਖਣ ਵਾਲੇ (ਆਪਾ ਭੁੱਲ ਕੇ) ਤੇਰੇ ਵਿਚ (ਹੀ) ਲੀਨ ਹੋ ਜਾਂਦੇ ਹਨ ।੧।

ਹੇ ਮੇਰੇ ਵੱਡੇ ਮਾਲਕ! ਤੂੰ (ਮਾਨੋ, ਇਕ) ਡੂੰਘਾ (ਸਮੁੰਦਰ) ਹੈਂ, ਤੂੰ ਬੜੇ ਜਿਗਰੇ ਵਾਲਾ ਹੈਂ, ਤੇ ਬੇਅੰਤ ਗੁਣਾਂ ਵਾਲਾ ਹੈਂ । ਕੋਈ ਭੀ ਜੀਵ ਨਹੀਂ ਜਾਣਦਾ ਕਿ ਤੇਰਾ ਕਿਤਨਾ ਵੱਡਾ ਵਿਸਥਾਰ ਹੈ ।੧।ਰਹਾਉ।

(ਤੂੰ ਕੇਡਾ ਵੱਡਾ ਹੈਂ—ਇਹ ਗੱਲ ਲੱਭਣ ਵਾਸਤੇ) ਸਮਾਧੀਆਂ ਲਾਣ ਵਾਲੇ ਕਈ ਵੱਡੇ ਪ੍ਰਸਿੱਧ ਜੋਗੀਆਂ ਨੇ ਧਿਆਨ ਜੋੜਨ ਦੇ ਯਤਨ ਕੀਤੇ, ਮੁੜ ਮੁੜ ਜਤਨ ਕੀਤੇ; ਵੱਡੇ ਵੱਡੇ ਪ੍ਰਸਿੱਧ (ਸ਼ਾਸਤ੍ਰ-ਵੇੱਤਾ) ਵਿਚਾਰਵਾਨਾਂ ਆਪੋ ਵਿਚ ਇਕ ਦੂਜੇ ਦੀ ਸਹਾਇਤਾ ਲੈ ਕੇ ਤੇਰੇ ਬਰਾਬਰ ਦੀ ਕੋਈ ਹਸਤੀ ਲੱਭਣ ਦੀ ਕੋਸ਼ਿਸ਼ ਕੀਤੀ, ਪਰ ਤੇਰੀ ਵਡਿਆਈ ਦਾ ਇਕ ਤਿਲ ਜਿਤਨਾ ਹਿੱਸਾ ਭੀ ਨਹੀਂ ਦੱਸ ਸਕੇ {ਗੁਰ ਗੁਰਹਾਈ ਧਿਆਨੀ ਸਭਿ ਮਿਲਿ ਸੁਰਤਿ ਕਮਾਈ, ਸੁਰਤਿ ਕਮਾਈ, ਗੁਰਗੁਰਹਾਈ ਗਿਆਨੀ ਸਭ ਮਿਲਿ ਕੀਮਤਿ ਪਾਈ ਕੀਮਤਿ ਪਾਈ} ।੨।

(ਵਿਚਾਰਵਾਨ ਕੀਹ ਤੇ ਸਿਧ ਜੋਗੀ ਕੀਹ? ਤੇਰੀ ਵਡਿਆਈ ਦਾ ਅੰਦਾਜ਼ਾ ਤਾਂ ਕੋਈ ਨਹੀਂ ਲਾ ਸਕਿਆ; ਪਰ ਵਿਚਾਰਵਾਨਾਂ ਦੇ) ਸਾਰੇ ਭਲੇ ਕੰਮ, ਸਾਰੇ ਤਪ ਤੇ ਸਾਰੇ ਚੰਗੇ ਗੁਣ, ਸਿੱਧ ਲੋਕਾਂ ਦੀਆਂ (ਰਿੱਧੀਆਂ ਸਿੱਧੀਆਂ ਆਦਿਕ) ਵੱਡੇ ਵੱਡੇ ਕੰਮ—ਕਿਸੇ ਨੂੰ ਭੀ ਇਹ ਕਾਮਯਾਬੀ ਤੇਰੀ ਸਹਾਇਤਾ ਤੋਂ ਬਿਨਾ ਹਾਸਲ ਨਹੀਂ ਹੋਈ । (ਜਿਸ ਕਿਸੇ ਨੂੰ ਸਫਲਤਾ ਪ੍ਰਾਪਤ ਹੋਈ ਹੈ) ਤੇਰੀ ਮਿਹਰ ਨਾਲ ਪ੍ਰਾਪਤ ਹੋਈ ਹੈ, ਤੇ ਕੋਈ ਹੋਰ (ਵਿਅਕਤੀ) ਇਸ ਪ੍ਰਾਪਤੀ ਦੇ ਰਾਹ ਵਿਚ ਰੋਕ ਨਹੀਂ ਪਾ ਸਕਿਆ ।੩।

(ਹੇ ਪ੍ਰਭੂ!) ਤੇਰੇ ਗੁਣਾਂ ਦੇ (ਮਾਨੋ) ਖ਼ਜ਼ਾਨੇ ਭਰੇ ਪਏ ਹਨ । ਜੀਵ ਦੀ ਕੀਹ ਪਾਂਇਆਂ ਹੈ ਕਿ ਇਹਨਾਂ ਗੁਣਾਂ ਨੂੰ ਬਿਆਨ ਕਰ ਸਕੇ? ਜਿਸ ਨੂੰ ਤੂੰ ਸਿਫ਼ਤਿ-ਸਾਲਾਹ ਕਰਨ ਦੀ ਦਾਤਿ ਬਖ਼ਸ਼ਦਾ ਹੈਂ, ਉਸ ਦੇ ਰਾਹ ਵਿਚ ਰੁਕਾਵਟ

ਪਾਣ ਲਈ ਕਿਸੇ ਦਾ ਜ਼ੋਰ ਨਹੀਂ ਚੱਲ ਸਕਦਾ, ਕਿਉਂਕਿ, ਹੇ ਨਾਨਕ! (ਆਖ—ਤੂੰ) ਸਦਾ ਕਾਇਮ ਰਹਿਣ ਵਾਲਾ ਪ੍ਰਭੂ ਉਸ (ਭਾਗਾਂ ਵਾਲੇ) ਨੂੰ ਸਵਾਰਨ ਵਾਲਾ ਆਪ ਹੈਂ ।੪।੧।

ਨੋਟ:- ਸਿਰਲੇਖ ਪੜ੍ਹੋ । 'ਚਉਪਦੇ' ਦਾ ਅਰਥ ਹੈ 'ਚਾਰ ਪਦ, ਚਾਰ ਬੰਦ' । ਇਹਨਾਂ ਸ਼ਬਦਾਂ ਦੇ ਚਾਰ ਚਾਰ ਬੰਦ ਹਨ ।

ਆਸਾ ਮਹਲਾ ੧ ॥ ਆਖਾ ਜੀਵਾ ਵਿਸਰੈ ਮਰਿ ਜਾਉ ॥ ਆਖਣਿ ਅਉਖਾ ਸਾਚਾ ਨਾਉ ॥ ਸਾਚੇ ਨਾਮ ਕੀ ਲਾਗੈ ਭੂਖ ॥ ਤਿਤੁ ਭੂਖੈ ਖਾਇ ਚਲੀਅਹਿ ਦੂਖ ॥੧॥ ਸੋ ਕਿਉ ਵਿਸਰੈ ਮੇਰੀ ਮਾਇ ॥ ਸਾਚਾ ਸਾਹਿਬੁ ਸਾਚੈ ਨਾਇ ॥੧॥ ਰਹਾਉ ॥ ਸਾਚੇ ਨਾਮ ਕੀ ਤਿਲੁ ਵਡਿਆਈ ॥ ਆਖਿ ਥਕੇ ਕੀਮਤਿ ਨਹੀ ਪਾਈ ॥ ਜੇ ਸਭਿ ਮਿਲਿ ਕੈ ਆਖਣ ਪਾਹਿ ॥ ਵਡਾ ਨ ਹੋਵੈ ਘਾਟਿ ਨ ਜਾਇ ॥੨॥ ਨਾ ਓਹੁ ਮਰੈ ਨ ਹੋਵੈ ਸੋਗੁ ॥ ਦੇਂਦਾ ਰਹੈ ਨ ਚੂਕੈ ਭੋਗੁ ॥ ਗੁਣੁ ਏਹੋ ਹੋਰੁ ਨਾਹੀ ਕੋਇ ॥ ਨਾ ਕੋ ਹੋਆ ਨਾ ਕੋ ਹੋਇ ॥੩॥ ਜੇਵਡੁ ਆਪਿ ਤੇਵਡ ਤੇਰੀ ਦਾਤਿ ॥ ਜਿਨਿ ਦਿਨੁ ਕਰਿ ਕੈ ਕੀਤੀ ਰਾਤਿ ॥ ਖਸਮੁ ਵਿਸਾਰਹਿ ਤੇ ਕਮਜਾਤਿ ॥ ਨਾਨਕ ਨਾਵੈ ਬਾਝੁ ਸਨਾਤਿ ॥੪॥੨॥ {ਪੰਨਾ 349}

ਪਦਅਰਥ:- ਆਖਾ—ਆਖਾਂ, ਮੈਂ ਆਖਦਾ ਹਾਂ, ਮੈਂ ਉਚਾਰਦਾ ਹਾਂ । ਜੀਵਾ—ਜੀਵਾਂ, ਮੈਂ ਜੀਊਂਦਾ ਹਾਂ, ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ । ਤਿਤੁ ਭੂਖੈ—ਇਸ ਭੁਖ ਦੇ ਕਾਰਨ । ਖਾਇ—(ਨਾਮ-ਭੋਜਨ) ਖਾ ਕੇ । ਚਲੀਅਹਿ—ਨਾਸ ਕੀਤੇ ਜਾਂਦੇ ਹਨ ।੧।

ਮੇਰੀ ਮਾਇ—ਹੇ ਮੇਰੀ ਮਾਂ! ਸਾਚਾ—ਸਦਾ ਕਾਇਮ ਰਹਿਣ ਵਾਲਾ । ਸਾਚੈ—ਸੱਚੇ ਦੀ ਰਾਹੀਂ । ਨਾਇ—ਨਾਮ ਦੀ ਰਾਹੀਂ । ਸਾਚੈ ਨਾਇ—ਸੱਚੇ ਨਾਮ ਦੀ ਰਾਹੀਂ, ਜਿਉਂ ਜਿਉਂ ਸਦਾ-ਥਿਰ ਪ੍ਰਭੂ ਦਾ ਨਾਮ ਸਿਮਰੀਏ । ਕਿਉ ਵਿਸਰੈ—ਕਦੇ ਨ ਵਿਸਰੇ ।੧।ਰਹਾਉ।

ਸਭਿ—ਸਾਰੇ ਜੀਵ । ਆਖਣ ਪਾਹਿ—ਆਖਣ ਦਾ ਜਤਨ ਕਰਨ ।੨।

ਗੁਣੁ ਏਹੋ—ਇਹ ਹੀ (ਉਸ ਦੀ) ਖ਼ੂਬੀ ਹੈ । ਹੋਆ—ਹੋਇਆ ਹੈ । ਨਾ ਹੋਇ—ਨਹੀਂ ਹੋਵੇਗਾ ।੩।

ਜੇਵਡੁ—ਜੇਡਾ ਵੱਡਾ । ਤੇਵਡ—ਉਤਨੀ ਵੱਡੀ । ਜਿਨਿ—ਜਿਸ (ਤੈਂ) ਨੇ । ਕਮਜਾਤਿ—ਭੈੜੀ ਜਾਤਿ ਵਾਲੀਆਂ । ਸਨਾਤਿ—ਨੀਚ ।੪।

ਅਰਥ:- ਜਿਉਂ ਜਿਉਂ ਮੈਂ ਪ੍ਰਭੂ ਦਾ ਨਾਮ ਉਚਾਰਦਾ ਹਾਂ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ । ਜਦੋਂ ਮੈਨੂੰ ਨਾਮ ਭੁੱਲ ਜਾਂਦਾ ਹੈ, ਮੇਰੀ ਆਤਮਕ ਮੌਤ ਹੋਣ ਲੱਗ ਪੈਂਦੀ ਹੈ । (ਇਹ ਪਤਾ ਹੁੰਦਿਆਂ ਭੀ ਪ੍ਰਭੂ ਦਾ) ਸਦਾ-ਥਿਰ ਨਾਮ ਸਿਮਰਨਾ (ਇਕ) ਔਖਾ ਕੰਮ ਹੈ । (ਜਿਸ ਮਨੁੱਖ ਦੇ ਅੰਦਰ) ਪ੍ਰਭੂ ਦਾ ਸਦਾ-ਥਿਰ ਨਾਮ ਸਿਮਰਨ ਦੀ ਭੁੱਖ ਪੈਦਾ ਹੁੰਦੀ ਹੈ, ਇਸ ਭੁੱਖ ਦੀ ਬਰਕਤਿ ਨਾਲ (ਨਾਮ-ਭੋਜਨ) ਖਾ ਕੇ ਉਸ ਦੇ ਸਾਰੇ ਦੁੱਖ ਦੂਰ ਹੋ ਜਾਂਦੇ ਹਨ ।੧।

ਹੇ ਮੇਰੀ ਮਾਂ! (ਅਰਦਾਸ ਕਰ ਕਿ) ਉਹ ਪ੍ਰਭੂ ਮੈਨੂੰ ਕਦੇ ਨ ਭੁੱਲੇ । ਜਿਉਂ ਜਿਉਂ ਉਸ ਸਦਾ-ਥਿਰ ਰਹਿਣ ਵਾਲੇ ਦਾ ਨਾਮ ਸਿਮਰੀਏ, ਤਿਉਂ ਤਿਉਂ ਉਹ ਸਦਾ-ਥਿਰ ਰਹਿਣ ਵਾਲਾ ਮਾਲਕ (ਮਨ ਵਿਚ ਵੱਸਦਾ ਹੈ) ।੧।ਰਹਾਉ।

ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਨਾਮ ਦੀ ਰਤਾ ਜਿਤਨੀ ਭੀ ਮਹਿਮਾ (ਸਾਰੇ ਜੀਵ) ਬਿਆਨ ਕਰ ਕੇ

ਥੱਕ ਗਏ ਹਨ (ਬਿਆਨ ਨਹੀਂ ਕਰ ਸਕਦੇ) । ਕੋਈ ਭੀ ਨਹੀਂ ਦੱਸ ਸਕਿਆ ਕਿ ਉਸ ਦੇ ਬਰਾਬਰ ਦੀ ਕੇਹੜੀ ਹੋਰ ਹਸਤੀ ਹੈ । ਜੇ (ਜਗਤ ਦੇ) ਸਾਰੇ ਹੀ ਜੀਵ ਰਲ ਕੇ (ਪਰਮਾਤਮਾ ਦੀ ਮਹਿਮਾ) ਬਿਆਨ ਕਰਨ ਦਾ ਜਤਨ ਕਰਨ, ਤਾਂ ਉਹ ਪਰਮਾਤਮਾ (ਆਪਣੇ ਅਸਲੇ ਨਾਲੋਂ) ਵੱਡਾ ਨਹੀਂ ਹੋ ਜਾਂਦਾ (ਤੇ ਜੇ ਕੋਈ ਭੀ ਉਸ ਦੀ ਵਡਿਆਈ ਨਾਹ ਕਰੇ) ਤਾਂ ਉਹ (ਅੱਗੇ ਨਾਲੋਂ) ਘਟ ਨਹੀਂ ਜਾਂਦਾ ।੨।

ਉਹ ਪਰਮਾਤਮਾ ਕਦੇ ਮਰਦਾ ਨਹੀਂ, ਨਾਹ ਹੀ (ਉਸ ਦੀ ਖ਼ਾਤਰ) ਸੋਗ ਹੁੰਦਾ ਹੈ । ਉਹ ਪ੍ਰਭੂ ਸਦਾ (ਜੀਵਾਂ ਨੂੰ ਰਿਜ਼ਕ) ਦੇਂਦਾ ਹੈ, ਉਸ ਦੀਆਂ ਦਿੱਤੀਆਂ ਦਾਤਾਂ ਦਾ ਵਰਤਣਾ ਕਦੇ ਮੁੱਕਦਾ ਨਹੀਂ (ਭਾਵ, ਜੀਵ ਉਸ ਦੀਆਂ ਦਿੱਤੀਆਂ ਦਾਤਾਂ ਸਦਾ ਵਰਤਦੇ ਹਨ ਪਰ ਉਹ ਮੁੱਕਦੀਆਂ ਨਹੀਂ) । ਉਸ ਪ੍ਰਭੂ ਦੀ ਵੱਡੀ ਖ਼ੂਬੀ ਇਹ ਹੈ ਕਿ ਕੋਈ ਹੋਰ ਉਸ ਵਰਗਾ ਨਹੀਂ ਹੈ, (ਉਸ ਵਰਗਾ ਅਜੇ ਤਕ) ਨਾਹ ਕੋਈ ਹੋਇਆ ਹੈ, ਨਾਹ ਕਦੇ ਹੋਵੇਗਾ ।੩।

(ਹੇ ਪ੍ਰਭੂ !) ਜੇਡਾ (ਬੇਅੰਤ ਤੂੰ) ਆਪ ਹੈਂ, ਉਤਨੀ (ਬੇਅੰਤ) ਤੇਰੀ ਬਖ਼ਸ਼ਸ਼ ਹੈ, (ਤੂੰ ਐਸਾ ਹੈਂ) ਜਿਸ ਨੇ ਦਿਨ ਬਣਾਇਆ ਹੈ ਤੇ ਰਾਤ ਬਣਾਈ ਹੈ ।

ਹੇ ਨਾਨਕ ! ਉਹ ਬੰਦੇ ਭੈੜੇ ਅਸਲੇ ਵਾਲੇ (ਬਣ ਜਾਂਦੇ) ਹਨ ਜੋ ਐਸੇ ਖਸਮ-ਪ੍ਰਭੂ ਨੂੰ ਵਿਸਾਰਦੇ ਹਨ । ਨਾਮ ਤੋਂ ਖੁੰਝੇ ਹੋਏ ਜੀਵ ਨੀਚ ਹਨ ।੪।੨।

ਆਸਾ ਮਹਲਾ ੧ ॥ ਜੇ ਦਰਿ ਮਾਂਗਤੁ ਕੂਕ ਕਰੇ ਮਹਲੀ ਖਸਮੁ ਸੁਣੇ ॥ ਭਾਵੈ ਧੀਰਕ ਭਾਵੈ ਧਕੇ ਏਕ ਵਡਾਈ ਦੇਇ ॥੧॥ ਜਾਣਹੁ ਜੋਤਿ ਨ ਪੂਛਹੁ ਜਾਤੀ ਆਗੈ ਜਾਤਿ ਨ ਹੇ ॥੧॥ ਰਹਾਉ ॥ ਆਪਿ ਕਰਾਏ ਆਪਿ ਕਰੇਇ ॥ ਆਪਿ ਉਲਾਮ੍ਹ੍ਹੇ ਚਿਤਿ ਧਰੇਇ ॥ ਜਾ ਤੂੰ ਕਰਣਹਾਰੁ ਕਰਤਾਰੁ ॥ ਕਿਆ ਮੁਹਤਾਜੀ ਕਿਆ ਸੰਸਾਰੁ ॥੨॥ ਆਪਿ ਉਪਾਏ ਆਪੇ ਦੇਇ ॥ ਆਪੇ ਦੁਰਮਤਿ ਮਨਹਿ ਕਰੇਇ ॥ ਗੁਰ ਪਰਸਾਦਿ ਵਸੈ ਮਨਿ ਆਇ ॥ ਦੁਖੁ ਅਨ੍ਹ੍ਹੇਰਾ ਵਿਚਹੁ ਜਾਇ ॥੩॥ ਸਾਚੁ ਪਿਆਰਾ ਆਪਿ ਕਰੇਇ ॥ ਅਵਰੀ ਕਉ ਸਾਚੁ ਨ ਦੇਇ ॥ ਜੇ ਕਿਸੈ ਦੇਇ ਵਖਾਣੈ ਨਾਨਕੁ ਆਗੈ ਪੂਛ ਨ ਲੇਇ ॥੪॥੩॥ {ਪੰਨਾ 349}

ਪਦਅਰਥ:- ਦਰਿ—(ਪ੍ਰਭੂ ਦੇ) ਦਰ ਤੇ । ਮਾਂਗਤੁ—ਕੋਈ ਮੰਗਤਾ (ਭਾਵੇਂ ਕਿਸੇ ਭੀ ਜਾਤਿ ਦਾ ਹੋਵੇ) । ਕੂਕ—ਪੁਕਾਰ, ਫ਼ਰਿਆਦ । ਮਹਲੀ—ਮਹਲ ਦਾ ਮਾਲਕ । ਧੀਰਕ—ਧੀਰਜ, ਹੌਸਲਾ । ਦੇਇ—ਦੇਂਦਾ ਹੈ ।੧।

ਜਾਣਹੁ—ਪਛਾਣੋ । ਆਗੈ—ਪਰਲੋਕ ਵਿਚ ।੧।ਰਹਾਉ।

ਉਲਾਮ੍ਹ੍ਹੇ—ਸ਼ਿਕਾਇਤਾਂ, ਗਿਲੇ । ਚਿਤਿ ਧਰੇਇ—ਚਿੱਤ ਵਿਚ ਧਰਦਾ ਹੈ, ਸੁਣਦਾ ਹੈ ।੨।

ਆਪੇ—ਆਪ ਹੀ । ਮਨਹਿ ਕਰੇਇ—ਰੋਕਦਾ ਹੈ, ਵਰਜਦਾ ਹੈ । ਮਨਿ—ਮਨ ਵਿਚ ।੩।

ਅਵਰੀ ਕਉ—ਹੋਰਨਾਂ ਨੂੰ ਜੋ ਆਦਰਸ਼ ਤੋਂ ਅਜੇ ਨੀਵੇਂ ਹਨ । ਵਖਾਣੈ—ਆਖਦਾ ਹੈ । ਪੂਛ ਨ ਲੇਇ—ਲੇਖਾ ਨਹੀਂ ਮੰਗਦਾ ।੪।

ਅਰਥ:- ਕੋਈ ਮੰਗਤਾ (ਭਾਵੇਂ ਕਿਸੇ ਭੀ ਜਾਤਿ ਦਾ ਹੋਵੇ) ਪ੍ਰਭੂ ਦੇ ਦਰ ਤੇ ਪੁਕਾਰ ਕਰੇ, ਤਾਂ ਉਹ ਮਹਲ ਦਾ ਮਾਲਕ ਖਸਮ-ਪ੍ਰਭੂ (ਉਸ ਦੀ ਪੁਕਾਰ) ਸੁਣ ਲੈਂਦਾ ਹੈ । (ਫਿਰ) ਉਸ ਦੀ ਮਰਜ਼ੀ ਹੌਸਲਾ ਦੇਵੇ ਉਸ ਦੀ ਮਰਜ਼ੀ ਧੱਕਾ ਦੇ ਦੇਵੇ (ਮੰਗਤੇ ਦੀ ਅਰਦਾਸ ਸੁਣ ਲੈਣ ਵਿਚ ਹੀ) ਪ੍ਰਭੂ ਉਸ ਨੂੰ ਵਡਿਆਈ ਹੀ ਦੇ ਰਿਹਾ ਹੈ ।੨।

(ਹਰੇਕ ਜੀਵ ਦੇ ਅੰਦਰ ਵਿਆਪਕ ਹੋ ਕੇ) ਪ੍ਰਭੂ ਆਪ ਹੀ (ਪ੍ਰੇਰਨਾ ਕਰ ਕੇ ਜੀਵ ਪਾਸੋਂ ਪੁਕਾਰ) ਕਰਾਂਦਾ ਹੈ, (ਹਰੇਕ ਵਿਚ ਵਿਆਪਕ ਹੋ ਕੇ) ਆਪ ਹੀ (ਪੁਕਾਰ) ਕਰਦਾ ਹੈ, ਆਪ ਹੀ ਪ੍ਰਭੂ (ਹਰੇਕ ਜੀਵ ਦੇ) ਗਿਲੇ ਸੁਣਦਾ ਹੈ । ਜਦੋਂ (ਹੇ ਪ੍ਰਭੂ! ਕਿਸੇ ਜੀਵ ਨੂੰ ਤੂੰ ਇਹ ਨਿਸਚਾ ਕਰਾ ਦੇਂਦਾ ਹੈਂ ਕਿ) ਤੂੰ ਸਿਰਜਣਹਾਰ ਸਭ ਕੁਝ ਕਰਨ ਦੇ ਸਮਰੱਥ (ਸਿਰ ਉਤੇ ਰਾਖਾ) ਹੈਂ, ਤਾਂ ਉਸ ਨੂੰ (ਜਗਤ ਦੀ) ਕੋਈ ਮੁਥਾਜੀ ਨਹੀਂ ਰਹਿੰਦੀ, ਜਗਤ ਉਸ ਦਾ ਕੁਝ ਵਿਗਾੜ ਨਹੀਂ ਸਕਦਾ ।੨।

ਪਰਮਾਤਮਾ ਆਪ ਹੀ ਜੀਵਾਂ ਨੂੰ ਪੈਦਾ ਕਰਦਾ ਹੈ, ਆਪ ਹੀ (ਸਭਨਾਂ ਨੂੰ ਰਿਜ਼ਕ ਆਦਿਕ) ਦੇਂਦਾ ਹੈ । ਪ੍ਰਭੂ ਆਪ ਹੀ ਜੀਵਾਂ ਨੂੰ ਭੈੜੀ ਮਤਿ ਵਲੋਂ ਵਰਜਦਾ ਹੈ । ਗੁਰੂ ਦੀ ਕਿਰਪਾ ਨਾਲ ਪ੍ਰਭੂ ਜਿਸ ਦੇ ਮਨ ਵਿਚ ਆ ਵੱਸਦਾ ਹੈ, ਉਸ ਦੇ ਅੰਦਰੋਂ ਦੁਖ ਦੂਰ ਹੋ ਜਾਂਦਾ ਹੈ, ਅਗਿਆਨਤਾ ਮਿਟ ਜਾਂਦੀ ਹੈ ।੩।

ਪ੍ਰਭੂ ਆਪ ਹੀ ਜੀਵਾਂ ਦੇ ਮਨ ਵਿਚ ਆਪਣਾ ਸਿਮਰਨ ਪਿਆਰਾ ਕਰਦਾ ਹੈ (ਸਿਮਰਨ ਦਾ ਪਿਆਰ ਪੈਦਾ ਕਰਦਾ ਹੈ); ਜਿਨ੍ਹਾਂ ਦੇ ਅੰਦਰ ਪਿਆਰ ਦੀ ਅਜੇ ਘਾਟ ਹੈ, ਉਹਨਾਂ ਨੂੰ ਆਪ ਹੀ ਸਿਮਰਨ ਦੀ ਦਾਤਿ ਨਹੀਂ ਦੇਂਦਾ । ਨਾਨਕ ਆਖਦਾ ਹੈ ਜਿਸ ਕਿਸੇ ਨੂੰ ਸਿਮਰਨ ਦੀ ਦਾਤਿ ਪ੍ਰਭੂ ਦੇਂਦਾ ਹੈ ਉਸ ਪਾਸੋਂ ਅੱਗੇ ਕਰਮਾਂ ਦਾ ਲੇਖਾ ਨਹੀਂ ਮੰਗਦਾ (ਭਾਵ, ਉਹ ਜੀਵ ਕੋਈ ਅਜੇਹੇ ਕਰਮ ਕਰਦਾ ਹੀ ਨਹੀਂ ਜਿਨ੍ਹਾਂ ਕਰਕੇ ਕੋਈ ਤਾੜਨਾ ਹੋਵੇ) ।੪।੩।

ਆਸਾ ਮਹਲਾ ੧ ॥ ਤਾਲ ਮਦੀਰੇ ਘਟ ਕੇ ਘਾਟ ॥ ਦੋਲਕ ਦੁਨੀਆ ਵਾਜਹਿ ਵਾਜ ॥ ਨਾਰਦੁ ਨਾਚੈ ਕਲਿ ਕਾ ਭਾਉ ॥ ਜਤੀ ਸਤੀ ਕਹ ਰਾਖਹਿ ਪਾਉ ॥੧॥ ਨਾਨਕ ਨਾਮ ਵਿਟਹੁ ਕੁਰਬਾਣੁ ॥ ਅੰਧੀ ਦੁਨੀਆ ਸਾਹਿਬੁ ਜਾਣੁ ॥੧॥ ਰਹਾਉ ॥ ਗੁਰੂ ਪਾਸਹੁ ਫਿਰਿ ਚੇਲਾ ਖਾਇ ॥ ਤਾਮਿ ਪਰੀਤਿ ਵਸੈ ਘਰਿ ਆਇ ॥ ਜੇ ਸਉ ਵਰ੍ਹਿਆ ਜੀਵਣ ਖਾਣੁ ॥ ਖਸਮ ਪਛਾਣੈ ਸੋ ਦਿਨੁ ਪਰਵਾਣੁ ॥੨॥ ਦਰਸਨਿ ਦੇਖਿਐ ਦਇਆ ਨ ਹੋਇ ॥ ਲਏ ਦਿਤੇ ਵਿਣੁ ਰਹੈ ਨ ਕੋਇ ॥ ਰਾਜਾ ਨਿਆਉ ਕਰੇ ਹਥਿ ਹੋਇ ॥ ਕਹੈ ਖੁਦਾਇ ਨ ਮਾਨੈ ਕੋਇ ॥੩॥ ਮਾਣਸ ਮੂਰਤਿ ਨਾਨਕੁ ਨਾਮੁ ॥ ਕਰਣੀ ਕੁਤਾ ਦਰਿ ਫੁਰਮਾਨੁ ॥ ਗੁਰ ਪਰਸਾਦਿ ਜਾਣੈ ਮਿਹਮਾਨੁ ॥ ਤਾ ਕਿਛੁ ਦਰਗਹ ਪਾਵੈ ਮਾਨੁ ॥੪॥੪॥ {ਪੰਨਾ 349-350}

ਪਦਅਰਥ:- ਤਾਲ—ਛੈਣੇ । ਮਦੀਰੇ—ਘੁੰਘਰੂ, ਝਾਂਝਰਾਂ । ਘਟ—ਹਿਰਦਾ । ਘਾਟ—ਰਸਤਾ । ਘਟ ਕੇ ਘਾਟ—ਮਨ ਦੇ ਰਸਤੇ, ਸੰਕਲਪ ਵਿਕਲਪ । ਦੋਲਕ—ਢੋਲਕੀ । ਦੁਨੀਆ—ਦੁਨੀਆ ਦਾ ਮੋਹ । ਵਾਜਹਿ—ਵੱਜ ਰਹੇ ਹਨ । ਵਾਜ—ਵਾਜੇ, ਸਾਜ । ਨਾਰਦੁ—ਮਨ । ਕਲਿ—ਕਲਿਜੁਗ । ਭਾਉ—ਪ੍ਰਭਾਉ । ਕਹ—ਕਿਥੇ? ਪਾਉ—ਪੈਰ । ਜਤੀ...ਪਾਉ—ਜਤੀ ਸਤੀ ਕਿਥੇ ਪੈਰ ਰੱਖਣ? ਜਤ ਸਤ ਨੂੰ ਸੰਸਾਰ ਵਿਚ ਥਾਂ ਨਹੀਂ ਰਿਹਾ ।੧।

ਨਾਨਕ—ਹੇ ਨਾਨਕ! ਵਿਟਹੁ—ਤੋਂ । ਅੰਧੀ—ਅੰਨ੍ਹੀ । ਜਾਣੁ—ਸੁਜਾਣ, ਸੁਜਾਖਾ ।੧।ਰਹਾਉ।

ਪਾਸਹੁ—ਤੋਂ । ਫਿਰਿ—ਉਲਟਾ, ਸਗੋਂ । ਖਾਇ—ਖਾਂਦਾ ਹੈ । ਤਾਮਿ—ਤੁਆਮ, ਰੋਟੀ । ਘਰਿ—ਘਰ ਵਿਚ, ਗੁਰੂ ਦੇ ਘਰ ਵਿਚ । ਵਸੈ ਘਰਿ ਆਇ—(ਗੁਰੂ ਦੇ) ਘਰ ਵਿਚ ਆ ਵੱਸਦਾ ਹੈ, ਗੁਰੂ ਦਾ ਚੇਲਾ ਆ ਬਣਦਾ ਹੈ । ਪਰਵਾਣੁ-ਕਬੂਲ, ਭਾਗਾਂ ਵਾਲਾ ।੨।

ਦਰਸਨਿ—ਦਰਸਨ ਦੀ ਰਾਹੀਂ । ਦਰਸਨਿ ਦੇਖਿਐ—ਦਰਸਨ ਕਰਨ ਨਾਲ, ਇਕ ਦੂਜੇ ਨੂੰ ਵੇਖ ਕੇ । ਲਏ ਦਿਤੇ ਵਿਣੁ—ਮਾਇਆ ਲੈਣ ਦੇਣ ਤੋਂ ਬਿਨਾ, ਰਿਸ਼ਵਤ ਤੋਂ ਬਿਨਾ । ਨਿਆਉ—ਇਨਸਾਫ਼ । ਹਥਿ ਹੋਇ—ਹੱਥ ਵਿਚ

ਹੋਵੇ, ਕੁਝ ਦੇਣ ਨੂੰ ਪੱਲੇ ਹੋਵੇ । ਕਹੈ ਖੁਦਾਇ—ਜੇ ਕੋਈ ਰੱਬ ਦਾ ਵਾਸਤਾ ਪਾਏ ।੩।

ਮਾਣਸ ਮੂਰਤਿ—ਮਨੁੱਖ ਦੀ ਸ਼ਕਲ ਹੈ । ਨਾਨਕੁ—ਨਾਨਕ (ਆਖਦਾ ਹੈ) । ਨਾਮੁ—ਨਾਮ-ਮਾਤ੍ਰ । ਕਰਣੀ—ਕਰਣੀ ਵਿਚ, ਆਚਰਨ ਵਿਚ । ਦਰਿ—(ਮਾਲਕ ਦੇ) ਦਰ ਤੇ । ਫੁਰਮਾਨੁ—ਹੁਕਮ ।੪।

ਅਰਥ:- ਹੇ ਨਾਨਕ! ਪਰਮਾਤਮਾ ਦੇ ਨਾਮ ਤੋਂ ਸਦਕੇ ਹੋ । (ਨਾਮ ਤੋਂ ਬਿਨਾ) ਦੁਨੀਆ (ਮਾਇਆ ਵਿਚ) ਅੰਨ੍ਹੀ ਹੋ ਰਹੀ ਹੈ, ਇਕ ਮਾਲਕ ਪ੍ਰਭੂ ਆਪ ਹੀ ਸੁਜਾਖਾ ਹੈ (ਉਸ ਦੀ ਸਰਨ ਪਿਆਂ ਹੀ ਜ਼ਿੰਦਗੀ ਦਾ ਸਹੀ ਰਸਤਾ ਦਿੱਸ ਸਕਦਾ ਹੈ) ।੧।ਰਹਾਉ।

(ਮਨੁੱਖ ਦੇ) ਮਨ ਦੇ ਸੰਕਲਪ ਵਿਕਲਪ (ਮਾਨੋ) ਛੈਣੇ ਤੇ ਪੈਰਾਂ ਦੇ ਘੁੰਘਰੂ ਹਨ, ਦੁਨੀਆ ਦਾ ਮੋਹ ਢੋਲਕੀ ਹੈ—ਇਹ ਵਾਜੇ ਵੱਜ ਰਹੇ ਹਨ, ਤੇ (ਪ੍ਰਭੂ ਦੇ ਨਾਮ ਤੋਂ ਸੁੰਞਾ) ਮਨ (ਮਾਇਆ ਦੇ ਹੱਥਾਂ ਤੇ) ਨੱਚ ਰਿਹਾ ਹੈ । (ਇਸ ਨੂੰ ਕਹੀਦਾ ਹੈ) ਕਲਿਜੁਗ ਦਾ ਪ੍ਰਭਾਵ । ਜਤ ਸਤ ਨੂੰ ਸੰਸਾਰ ਵਿਚ ਕਿਤੇ ਥਾਂ ਨਹੀਂ ਰਿਹਾ ।੧।

(ਚੇਲੇ ਨੇ ਗੁਰੂ ਦੀ ਸੇਵਾ ਕਰਨੀ ਹੁੰਦੀ ਹੈ, ਹੁਣ) ਸਗੋਂ ਚੇਲਾ ਹੀ ਗੁਰੂ ਤੋਂ ਉਦਰ-ਪੂਰਨਾ ਕਰਦਾ ਹੈ, ਰੋਟੀ ਦੀ ਖ਼ਾਤਰ ਹੀ ਚੇਲਾ ਆ ਬਣਦਾ ਹੈ । (ਇਸ ਹਾਲਤ ਵਿਚ) ਜੇ ਸੌ ਸਾਲ ਮਨੁੱਖ ਜੀਉ ਲਏ, ਤੇ ਸੌਖਾ ਖਾਣ-ਪੀਣ ਬਣਿਆ ਰਹੇ (ਤਾਂ ਭੀ ਇਹ ਉਮਰ ਵਿਅਰਥ ਹੀ ਸਮਝੋ) । (ਜ਼ਿੰਦਗੀ ਦਾ ਸਿਰਫ਼) ਉਹੀ ਦਿਨ ਭਾਗਾਂ ਵਾਲਾ ਹੈ ਜਦੋਂ ਮਨੁੱਖ ਆਪਣੇ ਮਾਲਕ-ਪ੍ਰਭੂ ਨਾਲ ਸਾਂਝ ਪਾਂਦਾ ਹੈ ।੨।

ਮਨੁੱਖ ਇਕ ਦੂਜੇ ਨੂੰ ਵੇਖ ਕੇ (ਆਪਣਾ ਭਰਾ ਜਾਣ ਕੇ ਆਪੋ ਵਿਚ) ਪਿਆਰ ਦਾ ਜਜ਼ਬਾ ਨਹੀਂ ਵਰਤ ਰਹੇ (ਕਿਉਂਕਿ ਸੰਬੰਧ ਹੀ ਮਾਇਆ ਦਾ ਬਣ ਰਿਹਾ ਹੈ), ਰਿਸ਼ਵਤ ਲੈਣ ਦੇਣ ਤੋਂ ਬਿਨਾ ਨਹੀਂ ਰਹਿੰਦਾ । (ਇਥੋਂ ਤਕ ਕਿ) ਰਾਜਾ ਭੀ (ਹਾਕਮ ਭੀ) ਤਦੋਂ ਹੀ ਇਨਸਾਫ਼ ਕਰਦਾ ਹੈ ਜੇ ਉਸ ਨੂੰ ਦੇਣ ਲਈ (ਸਵਾਲੀ ਦੇ) ਹੱਥ ਪੱਲੇ ਮਾਇਆ ਹੋਵੇ । ਜੇ ਕੋਈ ਨਿਰਾ ਰੱਬ ਦਾ ਵਾਸਤਾ ਪਾਏ ਤਾਂ ਉਸ ਦੀ ਪੁਕਾਰ ਕੋਈ ਨਹੀਂ ਸੁਣਦਾ ।੩।

ਨਾਨਕ (ਆਖਦਾ ਹੈ—ਵੇਖਣ ਨੂੰ ਹੀ) ਮਨੁੱਖ ਦੀ ਸ਼ਕਲ ਹੈ, ਨਾਮ-ਮਾਤ੍ਰ ਹੀ ਮਨੁੱਖ ਹੈ, ਪਰ ਆਚਰਨ ਵਿਚ ਮਨੁੱਖ (ਉਹ) ਕੁੱਤਾ ਹੈ ਜੋ (ਮਾਲਕ ਦੇ) ਦਰ ਤੇ (ਰੋਟੀ ਦੀ ਖ਼ਾਤਰ) ਹੁਕਮ (ਮੰਨ ਰਿਹਾ ਹੈ) ।

ਮਨੁੱਖ ਪਰਮਾਤਮਾ ਦੀ ਹਜ਼ੂਰੀ ਵਿਚ ਤਦੋਂ ਹੀ ਕੁਝ ਇੱਜ਼ਤ-ਮਾਣ ਲੈ ਸਕਦਾ ਹੈ ਜੇ ਗੁਰੂ ਦੀ ਮਿਹਰ ਨਾਲ (ਸੰਸਾਰ ਵਿਚ ਆਪਣੇ ਆਪ ਨੂੰ) ਪਰਾਹੁਣਾ ਸਮਝੇ (ਤੇ ਮਾਇਆ ਨਾਲ ਇਤਨੀ ਪਕੜ ਨਾਹ ਰੱਖੇ ।੪।੪।

ਆਸਾ ਮਹਲਾ ੧ ॥ ਜੇਤਾ ਸਬਦੁ ਸੁਰਤਿ ਧੁਨਿ ਤੇਤੀ ਜੇਤਾ ਰੂਪੁ ਕਾਇਆ ਤੇਰੀ ॥ ਤੂੰ ਆਪੇ ਰਸਨਾ ਆਪੇ ਬਸਨਾ ਅਵਰੁ ਨ ਦੂਜਾ ਕਹਉ ਮਾਈ ॥੧॥ ਸਾਹਿਬੁ ਮੇਰਾ ਏਕੋ ਹੈ ॥ ਏਕੋ ਹੈ ਭਾਈ ਏਕੋ ਹੈ ॥੧॥ ਰਹਾਉ ॥ ਆਪੇ ਮਾਰੇ ਆਪੇ ਛੋਡੈ ਆਪੇ ਲੇਵੈ ਦੇਇ ॥ ਆਪੇ ਵੇਖੈ ਆਪੇ ਵਿਗਸੈ ਆਪੇ ਨਦਰਿ ਕਰੇਇ ॥੨॥ ਜੋ ਕਿਛੁ ਕਰਣਾ ਸੋ ਕਰਿ ਰਹਿਆ ਅਵਰੁ ਨ ਕਰਣਾ ਜਾਈ ॥ ਜੈਸਾ ਵਰਤੈ ਤੈਸੋ ਕਹੀਐ ਸਭ ਤੇਰੀ ਵਡਿਆਈ ॥੩॥ ਕਲਿ ਕਲਵਾਲੀ ਮਾਇਆ ਮਦੁ ਮੀਠਾ ਮਨੁ ਮਤਵਾਲਾ ਪੀਵਤੁ ਰਹੈ ॥ ਆਪੇ ਰੂਪ ਕਰੇ ਬਹੁ ਭਾਂਤੀਂ ਨਾਨਕੁ ਬਪੁੜਾ ਏਵ ਕਹੈ ॥੪॥੫॥ {ਪੰਨਾ 350}

ਪਦਅਰਥ:- ਜੇਤਾ—ਜਿਤਨਾ ਹੀ (ਭਾਵ, ਇਹ ਸਾਰਾ) । ਸਬਦੁ—ਆਵਾਜ਼, ਬੋਲਣਾ । ਸੁਰਤਿ—ਸੁਣਨਾ । ਧੁਨਿ—ਜੀਵਨ-ਰੌ । ਧੁਨਿ ਤੇਤੀ—ਤੇਤੀ (ਤੇਰੀ) ਧੁਨਿ, ਇਹ ਸਾਰੀ ਤੇਰੀ ਹੀ ਜੀਵਨ-ਰੌ ਹੈ । ਰੂਪੁ—ਦਿੱਸਦਾ ਆਕਾਰ । ਕਾਇਆ—ਸਰੀਰ । ਰਸਨਾ—ਰਸ ਲੈਣ ਵਾਲਾ । ਆਪੇ—ਆਪ ਹੀ । ਬਸਨਾ—ਜ਼ਿੰਦਗੀ ।

ਕਹਉ—ਕਹਉਂ, ਮੈਂ ਆਖ ਸਕਾਂ । ਮਾਈ—ਹੇ ਮਾਂ! ੧।

ਏਕੋ—ਇਕ ਹੀ, ਸਿਰਫ਼ ।੧।ਰਹਾਉ।

ਵੇਖੈ—ਸੰਭਾਲ ਕਰਦਾ ਹੈ । ਵਿਗਸੈ—ਖ਼ੁਸ਼ ਹੁੰਦਾ ਹੈ ।੨।

ਨ ਕਰਣਾ ਜਾਈ—ਕੀਤਾ ਨਹੀਂ ਜਾ ਸਕਦਾ । ਵਰਤੈ—ਕਾਰ ਚਲਾਂਦਾ ਹੈ । ਤੈਸੋ ਕਹੀਐ—ਉਹੋ ਜਿਹਾ ਉਸ ਦਾ ਨਾਮ ਰੱਖਿਆ ਜਾਂਦਾ ਹੈ ।੩।

ਕਲਿ—ਕਲਿਜੁਗੀ ਸੁਭਾਉ । ਕਲਵਾਲੀ—ਕਲਾਲਨ, ਸ਼ਰਾਬ ਵੇਚਣ ਵਾਲੀ । ਮਦੁ—ਸ਼ਰਾਬ । ਮਤਵਾਲਾ—ਮਸਤ । ਬਹੁ ਭਾਂਤੀਂ—ਕਈ ਕਿਸਮਾਂ ਦੇ । {ਨੋਟ:- ਪਹਿਲੀ ਤੁਕ ਦਾ ਲਫ਼ਜ਼ 'ਰੂਪੁ' ਇਕ-ਵਚਨ ਹੈ, ਅਖ਼ੀਰਲੀ ਤੁਕ ਦਾ ਲਫ਼ਜ਼ 'ਰੂਪ' ਬਹੁ-ਵਚਨ ਹੈ} । ਬਪੁੜਾ—ਵਿਚਾਰਾ, ਆਜਿਜ਼ । ਏਵ—ਇਸ ਤਰ੍ਹਾਂ ।੪।

ਅਰਥ:- (ਹੇ ਪ੍ਰਭੂ!) (ਜਗਤ ਵਿਚ) ਇਹ ਜਿਤਨਾ ਬੋਲਣਾ ਤੇ ਸੁਣਨਾ ਹੈ (ਜਿਤਨੀ ਇਹ ਬੋਲਣ ਤੇ ਸੁਣਨ ਦੀ ਕ੍ਰਿਆ ਹੈ), ਇਹ ਸਾਰੀ ਤੇਰੀ ਹੀ ਜੀਵਨ-ਰੌ (ਦਾ ਸਦਕਾ) ਹੈ, ਇਹ ਜਿਤਨਾ ਦਿੱਸਦਾ ਆਕਾਰ ਹੈ, ਇਹ ਸਾਰਾ ਤੇਰਾ ਹੀ ਸਰੀਰ ਹੈ (ਤੇਰੇ ਆਪੇ ਦਾ ਵਿਸਥਾਰ ਹੈ) । (ਸਾਰੇ ਜੀਵਾਂ ਵਿਚ ਵਿਆਪਕ ਹੋ ਕੇ) ਤੂੰ ਆਪ ਹੀ ਰਸ ਲੈਣ ਵਾਲਾ ਹੈਂ, ਤੂੰ ਆਪ ਹੀ (ਜੀਵਾਂ ਦੀ) ਜ਼ਿੰਦਗੀ ਹੈਂ ।

ਹੇ ਮਾਂ! ਪਰਮਾਤਮਾ ਤੋਂ ਬਿਨਾ ਕੋਈ ਹੋਰ ਦੂਜੀ ਹਸਤੀ ਨਹੀਂ ਹੈ ਜਿਸ ਦੀ ਬਾਬਤ ਮੈਂ ਆਖ ਸਕਾਂ (ਕਿ ਇਹ ਹਸਤੀ ਪਰਮਾਤਮਾ ਦੇ ਬਰਾਬਰ ਦੀ ਹੈ) ।੧।

ਹੇ ਭਾਈ! ਪਰਮਾਤਮਾ ਹੀ ਸਾਡਾ ਇਕੋ ਇਕ ਖਸਮ-ਮਾਲਕ ਹੈ, ਬੱਸ! ਉਹ ਹੀ ਇਕੋ ਮਾਲਕ ਹੈ, ਉਸ ਵਰਗਾ, ਹੋਰ ਕੋਈ ਨਹੀਂ ਹੈ ।੧।ਰਹਾਉ।

ਪ੍ਰਭੂ ਆਪ ਹੀ (ਸਭ ਜੀਵਾਂ ਨੂੰ) ਮਾਰਦਾ ਹੈ ਆਪ ਹੀ ਰੱਖਦਾ ਹੈ ਆਪ ਹੀ (ਜਿੰਦ) ਲੈ ਲੈਂਦਾ ਹੈ ਆਪ ਹੀ (ਜਿੰਦ) ਦੇਂਦਾ ਹੈ । ਪ੍ਰਭੂ ਆਪ ਹੀ (ਸਭ ਦੀ) ਸੰਭਾਲ ਕਰਦਾ ਹੈ, ਆਪ ਹੀ (ਸੰਭਾਲ ਕਰ ਕੇ) ਖ਼ੁਸ਼ ਹੁੰਦਾ ਹੈ, ਆਪ ਹੀ (ਸਭ ਉਤੇ) ਮਿਹਰ ਦੀ ਨਜ਼ਰ ਕਰਦਾ ਹੈ ।੨।

(ਜਗਤ ਵਿਚ) ਜੋ ਕੁਝ ਵਰਤ ਰਿਹਾ ਹੈ ਪ੍ਰਭੂ ਆਪ ਹੀ ਕਰ ਰਿਹਾ ਹੈ (ਪ੍ਰਭੂ ਤੋਂ ਆਕੀ ਹੋ ਕੇ ਕਿਸੇ ਹੋਰ ਜੀਵ ਪਾਸੋਂ) ਕੁਝ ਕੀਤਾ ਨਹੀਂ ਜਾ ਸਕਦਾ । ਜਿਹੋ ਜਿਹੀ ਕਾਰ ਪ੍ਰਭੂ ਕਰਦਾ ਹੈ, ਉਹੋ ਜਿਹਾ ਉਸ ਦਾ ਨਾਮ ਪੈ ਜਾਂਦਾ ਹੈ ।

(ਹੇ ਪ੍ਰਭੂ!) ਇਹ ਜੋ ਕੁਝ ਦਿੱਸ ਰਿਹਾ ਹੈ ਤੇਰੀ ਹੀ ਬਜ਼ੁਰਗੀ (ਦਾ ਪ੍ਰਕਾਸ਼) ਹੈ ।੩।

ਜਿਵੇਂ ਇਕ ਸ਼ਰਾਬ ਵੇਚਣ ਵਾਲੀ ਹੈ ਉਸ ਦੇ ਪਾਸ ਸ਼ਰਾਬ ਹੈ; ਸ਼ਰਾਬੀ ਆ ਕੇ ਨਿੱਤ ਪੀਂਦਾ ਰਹਿੰਦਾ ਹੈ ਤਿਵੇਂ ਜਗਤ ਵਿਚ ਕਲਿਜੁਗੀ ਸੁਭਾਉ ਹੈ (ਉਸ ਦੇ ਅਸਰ ਹੇਠ) ਮਾਇਆ ਮਿੱਠੀ ਲੱਗ ਰਹੀ ਹੈ, ਤੇ ਜੀਵਾਂ ਦਾ ਮਨ (ਮਾਇਆ ਵਿਚ) ਮਸਤ ਹੋ ਰਿਹਾ ਹੈ—ਇਹ ਭਾਂਤ ਭਾਂਤ ਦੇ ਰੂਪ ਭੀ ਪ੍ਰਭੂ ਆਪ ਹੀ ਬਣਾ ਰਿਹਾ ਹੈ (ਭਾਵੇਂ ਇਹ ਗੱਲ ਅਲੌਕਿਕ ਹੀ ਜਾਪਦੀ ਹੈ; ਪਰ ਉਸ ਪ੍ਰਭੂ ਨੂੰ ਹਰ ਚੰਗੇ ਮੰਦੇ ਵਿਚ ਵਿਆਪਕ ਵੇਖ ਕੇ) ਵਿਚਾਰਾ ਨਾਨਕ ਇਹੀ ਆਖ ਸਕਦਾ ਹੈ ।੪।੫।

ਆਸਾ ਮਹਲਾ ੧ ॥ ਵਾਜਾ ਮਤਿ ਪਖਾਵਜੁ ਭਾਉ ॥ ਹੋਇ ਅਨੰਦੁ ਸਦਾ ਮਨਿ ਚਾਉ ॥ ਏਹਾ ਭਗਤਿ ਏਹੋ ਤਪ ਤਾਉ ॥ ਇਤੁ ਰੰਗਿ ਨਾਚਹੁ ਰਖਿ ਰਖਿ ਪਾਉ ॥੧॥ ਪੂਰੇ ਤਾਲ ਜਾਣੈ ਸਾਲਾਹ ॥ ਹੋਰੁ

ਨਚਣਾ ਖੁਸੀਆ ਮਨ ਮਾਹ ॥੧॥ ਰਹਾਉ ॥ ਸਤੁ ਸੰਤੋਖੁ ਵਜਹਿ ਦੁਇ ਤਾਲ ॥ ਪੈਰੀ ਵਾਜਾ ਸਦਾ ਨਿਹਾਲ ॥ ਰਾਗੁ ਨਾਦੁ ਨਹੀ ਦੂਜਾ ਭਾਉ ॥ ਇਤੁ ਰੰਗਿ ਨਾਚਹੁ ਰਖਿ ਰਖਿ ਪਾਉ ॥੨॥ ਭਉ ਫੇਰੀ ਹੋਵੈ ਮਨ ਚੀਤਿ ॥ ਬਹਦਿਆ ਉਠਦਿਆ ਨੀਤਾ ਨੀਤਿ ॥ ਲੇਟਣਿ ਲੇਟਿ ਜਾਣੈ ਤਨੁ ਸੁਆਹੁ ॥ ਇਤੁ ਰੰਗਿ ਨਾਚਹੁ ਰਖਿ ਰਖਿ ਪਾਉ ॥੩॥ ਸਿਖ ਸਭਾ ਦੀਖਿਆ ਕਾ ਭਾਉ ॥ ਗੁਰਮੁਖਿ ਸੁਣਣਾ ਸਾਚਾ ਨਾਉ ॥ ਨਾਨਕ ਆਖਣੁ ਵੇਰਾ ਵੇਰ ॥ ਇਤੁ ਰੰਗਿ ਨਾਚਹੁ ਰਖਿ ਰਖਿ ਪੈਰ ॥੪॥੬॥ {ਪੰਨਾ 350}

ਪਦਅਰਥ:- ਮਤਿ—ਸ੍ਰੇਸ਼ਟ ਬੁੱਧਿ । ਪਖਾਵਜੁ—ਜੋੜੀ, ਤਬਲਾ । ਭਾਉ—ਪ੍ਰੇਮ । ਅਨੰਦੁ—ਆਤਮਕ ਸੁਖ । ਮਨਿ—ਮਨ ਵਿਚ । ਭਗਤਿ—ਰਾਸ ਪਾਣੀ । ਤਪ ਤਾਉ—ਤਪ ਦਾ ਤਪਣਾ । {ਨੋਟ:- 'ਏਹਾ' ਅਤੇ 'ਏਹੋ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ । 'ਏਹਾ' ਵਿਸ਼ੇਸ਼ਣ ਇਸਤ੍ਰੀ-ਲਿੰਗ ਹੈ, 'ਇਹੋ' ਵਿਸ਼ੇਸ਼ਣ ਪੁਲਿੰਗ ਹੈ} । ਇਤੁ—ਇਸ ਵਿਚ । ਇਤੁ ਰੰਗਿ—ਇਸ ਰੰਗ ਵਿਚ, ਇਸ ਮੌਜ ਵਿਚ । ਰਖਿ ਰਖਿ ਪਾਉ—ਪੈਰ ਰੱਖ ਰੱਖ ਕੇ, ਜੀਵਨ-ਰਾਹ ਤੇ ਤੁਰ ਤੁਰ ਕੇ ।੧।

ਪੂਰੇ ਤਾਲ—ਤਾਲ ਪੂਰਦਾ ਹੈ, ਤਾਲ-ਸਿਰ ਨੱਚਦਾ ਹੈ । ਸਾਲਾਹ—ਪਰਮਾਤਮਾ ਦੀ ਸਿਫ਼ਤਿ-ਸਾਲਾਹ । ਮਨ ਮਾਹ—ਮਨ ਦੇ ਉਮਾਹ, ਮਨ ਦੇ ਚਾਉ ।੧।ਰਹਾਉ।

ਸਤੁ—ਦਾਨ, ਸੇਵਾ । ਤਾਲ—ਛੈਣੇ । ਪੈਰੀ ਵਾਜਾ—ਘੁੰਘਰੂ । ਨਿਹਾਲ—ਪ੍ਰਸੰਨ । ਦੂਜਾ ਭਾਉ—ਪ੍ਰਭੂ ਤੋਂ ਬਿਨਾ ਹੋਰ ਦਾ ਪਿਆਰ ।੨।

ਫੇਰੀ—ਭੁਆਟਣੀ । ਚੀਤਿ—ਚਿਤ ਵਿਚ । ਨੀਤਾ ਨੀਤ—ਨਿੱਤ ਨਿੱਤ, ਸਦਾ ਹੀ । ਲੇਟਣਿ—ਲੇਟਣੀ, ਲੰਮੇ ਪੈ ਕੇ ਨਾਚ । ਲੇਟਿ—ਲੇਟ ਕੇ । ਸੁਆਹ—ਨਾਸਵੰਤ, (ਸੁਆਹ ਵਾਂਗ) ।੩।

ਸਿਖ ਸਭਾ—ਸਤਸੰਗ । ਦੀਖਿਆ—ਗੁਰੂ ਦਾ ਉਪਦੇਸ਼ । ਭਾਉ—ਪਿਆਰ । ਗੁਰਮੁਖਿ—ਗੁਰੂ ਦੇ ਸਨਮੁਖ ਰਹਿ ਕੇ । ਆਖਣੁ—(ਨਾਮ) ਜਪਣਾ । ਵੇਰਾ ਵੇਰ—ਮੁੜ ਮੁੜ ।੪।

ਅਰਥ:- ਜਿਸ ਮਨੁੱਖ ਨੇ ਸ੍ਰੇਸ਼ਟ ਬੁੱਧਿ ਨੂੰ ਵਾਜਾ ਬਣਾਇਆ ਹੈ, ਪ੍ਰਭੂ-ਪਿਆਰ ਨੂੰ ਜੋੜੀ ਬਣਾਇਆ ਹੈ (ਇਹਨਾਂ ਸਾਜਾਂ ਦੇ ਵੱਜਣ ਨਾਲ, ਸ੍ਰੇਸ਼ਟ ਬੁੱਧਿ ਤੇ ਪ੍ਰਭੂ-ਪਿਆਰ ਦੀ ਬਰਕਤਿ ਨਾਲ) ਉਸ ਦੇ ਅੰਦਰ ਸਦਾ ਆਨੰਦ ਬਣਿਆ ਰਹਿੰਦਾ ਹੈ, ਉਸ ਦੇ ਮਨ ਵਿਚ ਉਤਸ਼ਾਹ ਰਹਿੰਦਾ ਹੈ । ਅਸਲ ਭਗਤੀ ਇਹੀ ਹੈ, ਤੇ ਇਹੀ ਹੈ ਮਹਾਨ ਤਪ । ਇਸ ਆਤਮਕ ਆਨੰਦ ਵਿਚ ਟਿਕੇ ਰਹਿ ਕੇ ਸਦਾ ਜੀਵਨ-ਰਸਤੇ ਉਤੇ ਤੁਰੋ । ਬੱਸ! ਇਹ ਨਾਚ ਨੱਚੋ (ਰਾਸਾਂ ਵਿਚ ਨਾਚ ਨੱਚ ਕੇ ਉਸ ਨੂੰ ਕ੍ਰਿਸ਼ਨ-ਭਗਤੀ ਸਮਝਣਾ ਭੁਲੇਖਾ ਹੈ) ।੧।

ਜੋ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਜਾਣਦਾ ਹੈ ਉਹ (ਜੀਵਨ-ਨਾਚ ਵਿਚ) ਤਾਲ-ਸਿਰ ਨੱਚਦਾ ਹੈ (ਜੀਵਨ ਦੀਆਂ ਸਹੀ ਲੀਹਾਂ ਤੇ ਤੁਰਦਾ ਹੈ) । (ਰਾਸ ਆਦਿਕਾਂ ਵਿਚ ਕ੍ਰਿਸ਼ਨ-ਮੂਰਤੀ ਅੱਗੇ ਇਹ) ਹੋਰ ਹੋਰ ਨਾਚ ਇਹ ਨਿਰੀਆਂ ਮਨ ਦੀਆਂ ਖ਼ੁਸ਼ੀਆਂ ਹਨ, ਮਨ ਦੇ ਚਾਉ ਹਨ (ਇਹ ਭਗਤੀ ਨਹੀਂ, ਇਹ ਤਾਂ ਮਨ ਦੇ ਨਚਾਏ ਨੱਚਣਾ ਹੈ) ।੧।ਰਹਾਉ।

(ਖ਼ਲਕਤ ਦੀ) ਸੇਵਾ, ਸੰਤੋਖ (ਵਾਲਾ ਜੀਵਨ)—ਇਹ ਦੋਵੇਂ ਛੈਣੇ ਵੱਜਣ, ਸਦਾ ਖਿੜੇ-ਮੱਥੇ ਰਹਿਣਾ—ਇਹ ਪੈਰੀਂ ਘੁੰਘਰੂ (ਵੱਜਣ); (ਪ੍ਰਭੂ-ਪਿਆਰ ਤੋਂ ਬਿਨਾ) ਕੋਈ ਹੋਰ ਲਗਨ ਨ ਹੋਵੇ—ਇਹ (ਹਰ ਵੇਲੇ ਅੰਦਰ) ਰਾਗ ਤੇ ਅਲਾਪ (ਹੁੰਦਾ ਰਹੇ) । (ਹੇ ਭਾਈ!) ਇਸ ਆਤਮਕ ਆਨੰਦ ਵਿਚ ਟਿਕੋ, ਇਸ ਜੀਵਨ-ਰਸਤੇ ਤੁਰੋ । ਬੱਸ! ਇਹ ਨਾਚ ਨੱਚੋ (ਭਾਵ, ਇਸ ਤਰ੍ਹਾਂ ਦੇ ਜੀਵਨ ਦਾ ਆਤਮਕ ਹੁਲਾਰਾ ਮਾਣੋ) ।੨।

ਉਠਦਿਆਂ ਬੈਠਦਿਆਂ ਸਦਾ ਹਰ ਵੇਲੇ ਪ੍ਰਭੂ ਦਾ ਡਰ ਅਦਬ ਮਨ-ਚਿਤ ਵਿਚ ਟਿਕਿਆ ਰਹੇ—ਨਾਚ ਦੀ ਇਹ ਭੁਆਟਣੀ ਹੋਵੇ; ਆਪਣੇ ਸਰੀਰ ਨੂੰ ਮਨੁਖ ਨਾਸਵੰਤ ਸਮਝੇ—ਇਹ ਲੇਟ ਕੇ ਨਿਰਤਕਾਰੀ ਹੋਵੇ । (ਹੇ ਭਾਈ!) ਇਸ ਆਨੰਦ ਵਿਚ ਟਿਕੇ ਰਹੋ; ਇਹ ਜੀਵਨ ਜੀਵੋ । ਬੱਸ! ਇਹ ਨਾਚ ਨੱਚੋ (ਇਹ ਆਤਮਕ ਹੁਲਾਰਾ ਮਾਣੋ) ।੩।

ਸਤਸੰਗ ਵਿਚ ਰਹਿ ਕੇ ਗੁਰੂ ਦੇ ਉਪਦੇਸ਼ ਦਾ ਪਿਆਰ (ਆਪਣੇ ਅੰਦਰ ਪੈਦਾ ਕਰਨਾ); ਗੁਰੂ ਦੇ ਸਨਮੁਖ ਰਹਿ ਕੇ ਪਰਮਾਤਮਾ ਦਾ ਅਟੱਲ ਨਾਮ ਸੁਣਦੇ ਰਹਿਣਾ; ਪਰਮਾਤਮਾ ਦਾ ਨਾਮ ਮੁੜ ਮੁੜ ਜਪਣਾ—ਇਸ ਰੰਗ ਵਿਚ, ਹੇ ਨਾਨਕ! ਟਿਕੋ, ਇਸ ਜੀਵਨ-ਰਸਤੇ ਵਿਚ ਪੈਰ ਧਰੋ । ਬੱਸ! ਇਹ ਨਾਚ ਨੱਚੋ (ਇਹ ਜੀਵਨ-ਆਨੰਦ ਮਾਣੋ) ।੪।੬।

ਆਸਾ ਮਹਲਾ ੧ ॥ ਪਉਣੁ ਉਪਾਇ ਧਰੀ ਸਭ ਧਰਤੀ ਜਲ ਅਗਨੀ ਕਾ ਬੰਧੁ ਕੀਆ ॥ ਅੰਧੁਲੈ ਦਹਸਿਰਿ ਮੂੰਡੁ ਕਟਾਇਆ ਰਾਵਣੁ ਮਾਰਿ ਕਿਆ ਵਡਾ ਭਇਆ ॥੧॥ ਕਿਆ ਉਪਮਾ ਤੇਰੀ ਆਖੀ ਜਾਇ ॥ ਤੂੰ ਸਰਬੇ ਪੂਰਿ ਰਹਿਆ ਲਿਵ ਲਾਇ ॥੧॥ ਰਹਾਉ ॥ ਜੀਅ ਉਪਾਇ ਜੁਗਤਿ ਹਥਿ ਕੀਨੀ ਕਾਲੀ ਨਥਿ ਕਿਆ ਵਡਾ ਭਇਆ ॥ ਕਿਸੁ ਤੂੰ ਪੁਰਖੁ ਜੋਰੂ ਕਉਣ ਕਹੀਐ ਸਰਬ ਨਿਰੰਤਰਿ ਰਵਿ ਰਹਿਆ ॥੨॥ ਨਾਲਿ ਕੁਟੰਬੁ ਸਾਥਿ ਵਰਦਾਤਾ ਬ੍ਰਹਮਾ ਭਾਲਣ ਸ੍ਰਿਸਟਿ ਗਇਆ ॥ ਆਗੈ ਅੰਤੁ ਨ ਪਾਇਓ ਤਾ ਕਾ ਕੰਸੁ ਛੇਦਿ ਕਿਆ ਵਡਾ ਭਇਆ ॥੩॥ ਰਤਨ ਉਪਾਇ ਧਰੇ ਖੀਰੁ ਮਥਿਆ ਹੋਰਿ ਭਖਲਾਏ ਜਿ ਅਸੀ ਕੀਆ ॥ ਕਹੈ ਨਾਨਕੁ ਛਪੈ ਕਿਉ ਛਪਿਆ ਏਕੀ ਏਕੀ ਵੰਡਿ ਦੀਆ ॥੪॥੭॥ {ਪੰਨਾ 350}

ਪਦਅਰਥ:- ਪਉਣੁ—ਹਵਾ । ਉਪਾਇ—ਉਪਾਈ, ਪੈਦਾ ਕੀਤੀ । ਧਰੀ—ਟਿਕਾਈ । ਬੰਧੁ—ਮੇਲ । ਦਹਸਿਰਿ—ਦਹਸਿਰ ਨੇ, ਰਾਵਣ ਨੇ । ਅੰਧੁਲੈ—ਅੰਨ੍ਹੇ ਨੇ, ਮੂਰਖ ਨੇ । ਮੂੰਡੁ—ਸਿਰ । ਮਾਰਿ—ਮਾਰ ਕੇ । ਕਿਆ ਵਡਾ ਭਇਆ—ਵੱਡਾ ਨਹੀਂ ਹੋ ਗਿਆ ।੧।

ਉਪਮਾ—ਵਡਿਆਈ । ਲਿਵ ਲਾਇ—ਵਿਆਪਕ ਹੋ ਕੇ ।੧।ਰਹਾਉ।

ਹਥਿ ਕੀਨੀ—ਆਪਣੇ ਹੱਥ ਵਿਚ ਕੀਤੀ ਹੋਈ ਹੈ । ਨਥਿ—ਨੱਥ ਕੇ, ਵੱਸ ਵਿਚ ਕਰ ਕੇ । ਕਿਸੁ—ਕਿਸ (ਇਸਤ੍ਰੀ) ਦਾ? ਪੁਰਖੁ—ਖਸਮ । ਜੋਰੂ ਕਉਣ—ਕਉਣ ਤੇਰੀ ਇਸਤ੍ਰੀ? ਨਿਰੰਤਰਿ—{ਨਿਰ-ਅੰਤਰਿ । ਅੰਤਰੁ—ਵਿੱਥ} ਬਿਨਾ ਵਿੱਥ ਦੇ, ਇਕ-ਰਸ ।੨।

ਨਾਲਿ—ਕੌਲ-ਫੁੱਲ ਦੀ ਨਾਲੀ । ਕੁਟੰਬੁ—ਪਰਵਾਰ, {kitiMbnI—ਮਾਂ, ਕੁਟੰਬਿਨੀ} ਮਾਂ, ਜਨਨੀ । ਸਾਥਿ—ਨਾਲ, ਕੋਲ । ਵਰਦਾਤਾ—ਵਰ ਦੇਣ ਵਾਲਾ, ਵਿਸ਼ਨੂੰ । ਕੰਸੁ—ਰਾਜਾ ਉਗ੍ਰਸੈਨ ਦਾ ਪੁੱਤਰ, ਕ੍ਰਿਸ਼ਨ ਜੀ ਦਾ ਮਾਮਾ । ਇਸ ਨੂੰ ਕ੍ਰਿਸ਼ਨ ਜੀ ਨੇ ਮਾਰ ਕੇ ਉਗ੍ਰਸੈਨ ਨੂੰ ਮੁੜ ਰਾਜ ਦਿੱਤਾ ਸੀ ।੩।

ਉਪਾਇ ਧਰੇ—ਪੈਦਾ ਕੀਤੇ । ਖੀਰੁ—ਸਮੁੰਦਰ । ਮਥਿਆ—ਰਿੜਕਿਆ । (ਪੁਰਾਣਾਂ ਦੀ ਕਥਾ ਹੈ ਕਿ ਦੇਵਤਿਆਂ ਤੇ ਦੈਂਤਾਂ ਨੇ ਰਲ ਕੇ ਸਮੁੰਦਰ ਰਿੜਕਿਆ ਸੀ, ਉਸ ਵਿਚੋਂ ੧੪ ਰਤਨ ਨਿਕਲੇ । ਵੰਡਣ ਵੇਲੇ ਝਗੜਾ ਪੈ ਗਿਆ । ਵਿਸ਼ਨੂੰ ਨੇ ਇਹ ਝਗੜਾ ਨਿਬੇੜਨ ਲਈ ਮੋਹਨੀ ਅਵਤਾਰ ਧਾਰਿਆ ਤੇ ਰਤਨ ਇਕ ਇਕ ਕਰ ਕੇ ਵੰਡ ਦਿੱਤੇ) । ਹੋਰਿ—ਦੈਂਤ ਤੇ ਦੇਵਤੇ । ਭਖਲਾਏ—ਕ੍ਰੋਧ ਵਿਚ ਆ ਕੇ ਬੋਲਣ ਲੱਗੇ । ਜਿ—ਕਿ । ਅਸੀ ਕੀਆ—ਅਸਾਂ (ਰਤਨ ਸਮੁੰਦਰ ਵਿਚੋਂ) ਕੱਢੇ ਹਨ । ਏਕੀ ਏਕੀ—ਇਕ ਇਕ ਕਰ ਕੇ ।੪।

ਅਰਥ:- ਪਰਮਾਤਮਾ ਨੇ ਹਵਾ ਬਣਾਈ, ਸਾਰੀ ਧਰਤੀ ਸਾਜੀ, ਪਾਣੀ ਅੱਗ ਦਾ ਮੇਲ ਕੀਤਾ (ਭਾਵ, ਇਹ ਸਾਰੇ ਵਿਰੋਧੀ ਤੱਤ ਇਕੱਠੇ ਕਰ ਕੇ ਜਗਤ-ਰਚਨਾ ਕੀਤੀ । ਰਚਨਹਾਰ ਪ੍ਰਭੂ ਦੀ ਇਹ ਇਕ ਅਸਚਰਜ ਲੀਲਾ ਹੈ, ਜਿਸ ਤੋਂ ਦਿੱਸਦਾ ਹੈ ਕਿ ਉਹ ਬੇਅੰਤ ਵੱਡੀਆਂ ਤਾਕਤਾਂ ਵਾਲਾ ਹੈ, ਪਰ ਉਸ ਦੀ ਇਹ ਵਡਿਆਈ ਭੁੱਲ ਕੇ ਨਿਰਾ ਰਾਵਣ ਦੇ ਮਾਰਨ ਵਿਚ ਹੀ ਉਸ ਦੀ ਵਡਿਆਈ ਸਮਝਣੀ ਭੁੱਲ ਹੈ) । ਅਕਲ ਦੇ ਅੰਨ੍ਹੇ ਰਾਵਣ ਨੇ ਆਪਣੀ ਮੌਤ (ਮੂਰਖਪਣ ਵਿਚ) ਸਹੇੜੀ, ਪਰਮਾਤਮਾ (ਨਿਰਾ ਉਸ ਮੂਰਖ) ਰਾਵਣ ਨੂੰ ਮਾਰ ਕੇ ਹੀ ਵੱਡਾ ਨਹੀਂ ਹੋ ਗਿਆ ।੧।

(ਹੇ ਪ੍ਰਭੂ!) ਤੇਰੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ । ਤੂੰ ਸਭ ਜੀਵਾਂ ਵਿਚ ਵਿਆਪਕ ਹੈਂ, ਮੌਜੂਦ ਹੈਂ ।੧।ਰਹਾਉ।

(ਹੇ ਅਕਾਲ ਪੁਰਖ!) ਸ੍ਰਿਸ਼ਟੀ ਦੇ ਸਾਰੇ ਜੀਵ ਪੈਦਾ ਕਰ ਕੇ ਸਭਨਾਂ ਦੀ ਜੀਵਨ-ਜੁਗਤ ਤੂੰ ਆਪਣੇ ਹੱਥ ਵਿਚ ਰੱਖੀ ਹੋਈ ਹੈ, (ਸਭ ਨੂੰ ਨੱਥਿਆ ਹੋਇਆ ਹੈ) ਨਿਰਾ ਕਾਲੀ-ਨਾਗ ਨੂੰ ਨੱਥ ਕੇ ਤੂੰ ਵੱਡਾ ਨਹੀਂ ਹੋ ਗਿਆ । ਨਾਹ ਤੂੰ ਕਿਸੇ ਖ਼ਾਸ ਇਸਤ੍ਰੀ ਦਾ ਖਸਮ ਹੈਂ, ਨਾਹ ਕੋਈ ਇਸਤ੍ਰੀ ਤੇਰੀ ਵਹੁਟੀ ਹੈ, ਤੂੰ ਸਭ ਜੀਵਾਂ ਦੇ ਅੰਦਰ ਇੱਕ-ਰਸ ਮੌਜੂਦ ਹੈਂ ।੨।

(ਕਹਿੰਦੇ ਹਨ ਕਿ ਜੇਹੜਾ) ਬ੍ਰਹਮਾ ਕੌਲ ਦੀ ਨਾਲ ਵਿਚੋਂ ਜੰਮਿਆ ਸੀ, ਵਿਸ਼ਨੂੰ ਉਸ ਦਾ ਹਮਾਇਤੀ ਸੀ, ਉਹ ਬ੍ਰਹਮਾ ਪਰਮਾਤਮਾ ਦੀ ਕੁਦਰਤ ਦਾ ਅੰਤ ਲੱਭਣ ਵਾਸਤੇ ਗਿਆ, (ਉਸ ਨਾਲ ਦੇ ਵਿਚ ਹੀ ਭਟਕਦਾ ਰਿਹਾ) ਪਰ ਅੰਤ ਨ ਲੱਭ ਸਕਿਆ । (ਅਕਾਲ ਪੁਰਖ ਬੇਅੰਤ ਕੁਦਰਤ ਦਾ ਮਾਲਕ ਹੈ) ਨਿਰਾ ਕੰਸ ਨੂੰ ਮਾਰ ਕੇ ਉਹ ਕਿਤਨਾ ਕੁ ਵੱਡਾ ਬਣ ਗਿਆ? (ਇਹ ਤਾਂ ਉਸ ਦੇ ਅੱਗੇ ਸਾਧਾਰਨ ਜਿਹੀ ਗੱਲ ਹੈ) ।੩।

(ਕਹਿੰਦੇ ਹਨ ਕਿ ਦੇਵਤਿਆਂ ਤੇ ਦੈਂਤਾਂ ਨੇ ਰਲ ਕੇ) ਸਮੁੰਦਰ ਰਿੜਕਿਆ ਤੇ (ਉਸ ਵਿਚੋਂ) ਚੌਦਾਂ ਰਤਨ ਕੱਢੇ, (ਵੰਡਣ ਵੇਲੇ ਉਹ ਦੋਵੇਂ ਧੜੇ) ਗੁੱਸੇ ਵਿਚ ਆ ਆ ਕੇ ਆਖਣ ਲੱਗੇ ਕਿ ਇਹ ਰਤਨ ਅਸਾਂ ਕੱਢੇ ਹਨ, ਅਸਾਂ ਕੱਢੇ ਹਨ (ਆਪਣੇ ਵਲੋਂ ਪਰਮਾਤਮਾ ਦੀ ਵਡਿਆਈ ਬਿਆਨ ਕਰਨ ਲਈ ਕਹਿੰਦੇ ਹਨ ਕਿ ਪਰਮਾਤਮਾ ਨੇ ਮੋਹਣੀ ਅਵਤਾਰ ਧਾਰ ਕੇ ਉਹ ਰਤਨ) ਇਕ ਇਕ ਕਰ ਕੇ ਵੰਡ ਦਿੱਤੇ, (ਪਰ) ਨਾਨਕ ਆਖਦਾ ਹੈ (ਕਿ ਨਿਰੇ ਇਹ ਰਤਨ ਵੰਡਣ ਨਾਲ ਪਰਮਾਤਮਾ ਦੀ ਕੇਹੜੀ ਵਡਿਆਈ ਬਣ ਗਈ, ਉਸ ਦੀਆਂ ਵਡਿਆਈਆਂ ਤਾਂ ਉਸ ਦੀ ਰਚੀ ਕੁਦਰਤਿ ਵਿਚੋਂ ਥਾਂ ਥਾਂ ਦਿੱਸ ਰਹੀਆਂ ਹਨ) ਉਹ ਭਾਵੇਂ ਆਪਣੀ ਕੁਦਰਤਿ ਵਿਚ ਲੁਕਿਆ ਹੋਇਆ ਹੈ, ਪਰ ਲੁਕਿਆ ਰਹਿ ਨਹੀਂ ਸਕਦਾ (ਪ੍ਰਤੱਖ ਉਸ ਦੀ ਬੇਅੰਤ ਕੁਦਰਤਿ ਦੱਸ ਰਹੀ ਹੈ ਕਿ ਉਹ ਬਹੁਤ ਤਾਕਤਾਂ ਦਾ ਮਾਲਕ ਹੈ) ।੪।੭।

ਆਸਾ ਮਹਲਾ ੧ ॥ ਕਰਮ ਕਰਤੂਤਿ ਬੇਲਿ ਬਿਸਥਾਰੀ ਰਾਮ ਨਾਮੁ ਫਲੁ ਹੂਆ ॥ ਤਿਸੁ ਰੂਪੁ ਨ ਰੇਖ ਅਨਾਹਦੁ ਵਾਜੈ ਸਬਦੁ ਨਿਰੰਜਨਿ ਕੀਆ ॥੧॥ ਕਰੇ ਵਖਿਆਣੁ ਜਾਣੈ ਜੇ ਕੋਈ ॥ ਅੰਮ੍ਰਿਤੁ ਪੀਵੈ ਸੋਈ ॥੧॥ ਰਹਾਉ ॥ ਜਿਨ੍ਹ ਪੀਆ ਸੇ ਮਸਤ ਭਏ ਹੈ ਤੂਟੇ ਬੰਧਨ ਫਾਹੇ ॥ ਜੋਤੀ ਜੋਤਿ ਸਮਾਣੀ ਭੀਤਰਿ ਤਾ ਛੋਡੇ ਮਾਇਆ ਕੇ ਲਾਹੇ ॥੨॥ ਸਰਬ ਜੋਤਿ ਰੂਪੁ ਤੇਰਾ ਦੇਖਿਆ ਸਗਲ ਭਵਨ ਤੇਰੀ ਮਾਇਆ ॥ ਰਾਰੈ ਰੂਪਿ ਨਿਰਾਲਮੁ ਬੈਠਾ ਨਦਰਿ ਕਰੇ ਵਿਚਿ ਛਾਇਆ ॥੩॥ ਬੀਣਾ ਸਬਦੁ ਵਜਾਵੈ ਜੋਗੀ ਦਰਸਨਿ ਰੂਪਿ ਅਪਾਰਾ ॥ ਸਬਦਿ ਅਨਾਹਦਿ ਸੋ ਸਹੁ ਰਾਤਾ ਨਾਨਕੁ ਕਹੈ ਵਿਚਾਰਾ ॥੪॥੮॥ {ਪੰਨਾ 351}

ਪਦਅਰਥ:- ਕਰਮ ਕਰਤੂਤਿ—ਚੰਗੇ ਕਰਮ, ਚੰਗਾ ਆਚਰਨ । ਬੇਲਿ—ਵੇਲ । ਬਿਸਥਾਰੀ—ਖਿਲਰੀ ਹੋਈ । ਰੇਖ—ਚਿਹਨ । ਅਨਾਹਦੁ—ਬਿਨਾ ਵਜਾਇਆਂ, ਇਕ-ਰਸ {ਸਾਜ ਤਦੋਂ ਹੀ ਵੱਜਦਾ ਹੈ ਜਦੋਂ ਉਸ ਨੂੰ ਉਂਗਲੀਆਂ ਨਾਲ ਛੇੜੀਏ । ਜਦੋਂ ਉਂਗਲੀ ਦੀ ਚੋਟ ਬੰਦ ਕਰ ਦਈਏ, ਸਾਜ ਬੰਦ ਹੋ ਜਾਂਦਾ ਹੈ} । ਸਬਦੁ—ਸਿਫ਼ਤਿ-ਸਾਲਾਹ ਦੀ ਰੌ । ਨਿਰੰਜਨਿ—ਨਿਰੰਜਨ ਨੇ, ਉਸ ਪਰਮਾਤਮਾ ਨੇ ਜੋ ਅੰਜਨ (ਮਾਇਆ ਦੀ ਕਾਲਖ) ਤੋਂ ਪਰੇ ਹੈ ।੧।

ਜਾਣੈ—ਜਾਣ-ਪਛਾਣ ਪਾ ਲਏ, ਸਾਂਝ ਪਾ ਲਏ ।੧।ਰਹਾਉ।

ਜਿਨ੍—ਜਿਨ੍ਹਾਂ ਮਨੁੱਖਾਂ ਨੇ । ਜੋਤੀ ਜੋਤਿ—ਪਰਮਾਤਮਾ ਦੀ ਜੋਤਿ । ਲਾਹੇ—ਲਾਭ ।੨।

ਸਰਬ ਜੋਤਿ—ਸਾਰੀਆਂ ਜੋਤਾਂ ਵਿਚ । ਰਾਰੈ—ਰਾਰ ਵਿਚ, ਝਗੜੇ ਵਿਚ । ਰਾਰੈ ਰੂਪਿ—ਝਗੜਾ-ਰੂਪ ਸੰਸਾਰ ਵਿਚ । ਨਿਰਾਲਮੁ—ਨਿਰਾਲਾ, ਵੱਖਰਾ, ਨਿਰਲੇਪ । ਛਾਇਆ—ਪ੍ਰਤਿਬਿੰਬ, ਅਕਸ ।੩।

ਬੀਣਾ—ਬੀਨ । ਸਬਦੁ—ਸਿਫ਼ਤਿ-ਸਾਲਾਹ ਦੀ ਬਾਣੀ । ਦਰਸਨਿ—ਦਰਸਨ ਵਿਚ, ਦ੍ਰਿਸ਼ ਵਿਚ । ਰੂਪਿ—ਰੂਪ ਵਿਚ, ਸੁੰਦਰਤਾ ਵਿਚ । ਸਬਦਿ—ਸ਼ਬਦ ਵਿਚ (ਜੁੜ ਕੇ) {ਲਫ਼ਜ਼ 'ਸਬਦੁ' ਅਤੇ 'ਸਬਦਿ' ਦੇ ਜੋੜਾਂ ਵਿਚ ਵਿਆਕਰਣਿਕ ਫ਼ਰਕ ਹੈ, ਅਰਥ ਭੀ ਵਖ ਵਖ} । ਅਨਾਹਦਿ—ਇਕ-ਰਸ ਵਿਚ । ਸਹੁ ਰਾਤਾ—ਖਸਮ-ਪ੍ਰਭੂ ਦੇ ਰੰਗ ਵਿਚ ਰੰਗਿਆ ਹੋਇਆ । ਵਿਚਾਰਾ—ਵਿਚਾਰ, ਖ਼ਿਆਲ ।੪।

ਅਰਥ:- ਜੇ ਕੋਈ ਮਨੁੱਖ (ਸਿਮਰਨ ਦੀ ਰਾਹੀਂ) ਪਰਮਾਤਮਾ ਨਾਲ ਜਾਣ-ਪਛਾਣ ਪਾ ਲਏ ਤੇ ਉਸ ਦੀ ਸਿਫ਼ਤਿ-ਸਾਲਾਹ ਕਰਦਾ ਰਹੇ ਤਾਂ ਉਹ ਨਾਮ-ਅੰਮ੍ਰਿਤ ਪੀਂਦਾ ਹੈ (ਸਿਮਰਨ ਤੋਂ ਪੈਦਾ ਹੋਣ ਵਾਲਾ ਆਤਮਕ ਆਨੰਦ ਮਾਣਦਾ ਹੈ) ।੧।ਰਹਾਉ।

(ਸਿਮਰਨ ਦੀ ਬਰਕਤਿ ਨਾਲ) ਉਸ ਮਨੁੱਖ ਦਾ ਉੱਚਾ ਆਚਰਨ ਬਣਦਾ ਹੈ (ਇਹ, ਮਾਨੋ, ਉੱਚੀ ਮਨੁੱਖਤਾ ਦੀ ਫੁੱਟੀ ਹੋਈ) ਖਿਲਰੀ ਹੋਈ ਵੇਲ ਹੈ, (ਇਸ ਵੇਲ ਨੂੰ) ਪਰਮਾਤਮਾ ਦਾ ਨਾਮ-ਫਲ ਲੱਗਦਾ ਹੈ (ਉਸ ਦੀ ਸੁਰਤਿ ਨਾਮ ਵਿਚ ਜੁੜੀ ਰਹਿੰਦੀ ਹੈ) ਮਾਇਆ-ਰਹਿਤ ਪ੍ਰਭੂ ਨੇ ਉਸ ਦੇ ਅੰਦਰ ਸਿਫ਼ਤਿ-ਸਾਲਾਹ ਦਾ ਇਕ ਪ੍ਰਵਾਹ ਚਲਾ ਦਿੱਤਾ ਹੁੰਦਾ ਹੈ (ਉਹ ਪ੍ਰਵਾਹ, ਮਾਨੋ, ਇਕ ਸੰਗੀਤ ਹੈ) ਜੋ ਇਕ-ਰਸ ਪ੍ਰਭਾਵ ਪਾਈ ਰੱਖਦਾ ਹੈ, ਪਰ ਉਸ ਦਾ ਕੋਈ ਰੂਪ-ਰੇਖ ਬਿਆਨ ਨਹੀਂ ਹੋ ਸਕਦਾ ।੧।

ਜਿਨ੍ਹਾਂ ਜਿਨ੍ਹਾਂ ਜੀਵਾਂ ਨੇ ਉਹ ਨਾਮ-ਰਸ ਪੀਤਾ, ਉਹ ਮਸਤ ਹੋ ਗਏ । (ਉਹਨਾਂ) ਦੇ (ਮਾਇਆ ਵਾਲੇ) ਬੰਧਨ ਤੇ ਫਾਹੇ ਟੁੱਟ ਗਏ, ਉਹਨਾਂ ਦੇ ਅੰਦਰ ਪਰਮਾਤਮਾ ਦੀ ਜੋਤਿ ਟਿਕ ਗਈ, ਉਹਨਾਂ ਨੇ ਮਾਇਆ ਦੀ ਖ਼ਾਤਰ (ਦਿਨ ਰਾਤ ਦੀ) ਦੌੜ-ਭੱਜ ਛੱਡ ਦਿੱਤੀ (ਭਾਵ, ਉਹ ਮਾਇਆ ਦੇ ਮੋਹ-ਜਾਲ ਵਿਚੋਂ ਬਚ ਗਏ) ।੨।

(ਜਿਸ ਮਨੁੱਖ ਨੇ ਸਿਮਰਨ ਦੀ ਬਰਕਤਿ ਨਾਲ ਨਾਮ-ਰਸ ਪੀਤਾ, ਉਸ ਨੇ, ਹੇ ਪ੍ਰਭੂ !) ਸਾਰੇ ਜੀਵਾਂ ਵਿਚ ਤੇਰਾ ਹੀ ਦੀਦਾਰ ਕੀਤਾ, ਉਸ ਨੇ ਸਾਰੇ ਭਵਨਾਂ ਵਿਚ ਤੇਰੀ ਪੈਦਾ ਕੀਤੀ ਮਾਇਆ ਪ੍ਰਭਾਵ ਪਾਂਦੀ ਵੇਖੀ । (ਉਹ ਮਨੁੱਖ ਵੇਖਦਾ ਹੈ ਕਿ) ਪਰਮਾਤਮਾ ਝਗੜੇ-ਰੂਪ ਸੰਸਾਰ ਵਿਚੋਂ ਨਿਰਾਲਾ ਬੈਠਾ ਹੋਇਆ ਹੈ, ਤੇ ਵਿਚੇ ਹੀ ਪ੍ਰਤਿਬਿੰਬ ਵਾਂਗ ਵਿਆਪਕ ਹੋ ਕੇ ਵੇਖ ਭੀ ਰਿਹਾ ਹੈ ।੩।

ਉਹੀ (ਮਨੁੱਖ ਹੈ ਅਸਲ) ਜੋਗੀ ਅਪਾਰ ਪਰਮਾਤਮਾ ਦੇ ਦ੍ਰਿੱਸ਼ ਵਿਚ (ਮਸਤ ਹੋ ਕੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ-ਰੂਪ ਬੀਣਾ ਵਜਾਂਦਾ ਰਹਿੰਦਾ ਹੈ । ਨਾਨਕ (ਆਪਣਾ ਇਹ) ਖ਼ਿਆਲ ਦੱਸਦਾ ਹੈ ਕਿ ਇਕ-ਰਸ ਸਿਫ਼ਤਿ-ਸਾਲਾਹ ਵਿਚ ਜੁੜੇ ਰਹਿਣ ਦੇ ਕਾਰਨ ਉਹ ਮਨੁੱਖ ਖਸਮ-ਪ੍ਰਭੂ ਦੇ ਰੰਗ ਵਿਚ ਰੰਗਿਆ ਰਹਿੰਦਾ ਹੈ ।੪।੮।

ਆਸਾ ਮਹਲਾ ੧ ॥ ਮੈ ਗੁਣ ਗਲਾ ਕੇ ਸਿਰਿ ਭਾਰ ॥ ਗਲੀ ਗਲਾ ਸਿਰਜਣਹਾਰ ॥ ਖਾਣਾ ਪੀਣਾ ਹਸਣਾ ਬਾਦਿ ॥ ਜਬ ਲਗੁ ਰਿਦੈ ਨ ਆਵਹਿ ਯਾਦਿ ॥੧॥ ਤਉ ਪਰਵਾਹ ਕੇਹੀ ਕਿਆ ਕੀਜੈ ॥ ਜਨਮਿ ਜਨਮਿ ਕਿਛੁ ਲੀਜੀ ਲੀਜੈ ॥੧॥ ਰਹਾਉ ॥ ਮਨ ਕੀ ਮਤਿ ਮਤਾਗਲੁ ਮਤਾ ॥ ਜੋ ਕਿਛੁ ਬੋਲੀਐ ਸਭੁ ਖਤੋ ਖਤਾ ॥ ਕਿਆ ਮੁਹੁ ਲੈ ਕੀਚੈ ਅਰਦਾਸਿ ॥ ਪਾਪੁ ਪੁੰਨੁ ਦੁਇ ਸਾਖੀ ਪਾਸਿ ॥੨॥ ਜੈਸਾ ਤੂੰ ਕਰਹਿ ਤੈਸਾ ਕੋ ਹੋਇ ॥ ਤੁਝ ਬਿਨੁ ਦੂਜਾ ਨਾਹੀ ਕੋਇ ॥ ਜੇਹੀ ਤੂੰ ਮਤਿ ਦੇਹਿ ਤੇਹੀ ਕੋ ਪਾਵੈ ॥ ਤੁਧੁ ਆਪੇ ਭਾਵੈ ਤਿਵੈ ਚਲਾਵੈ ॥੩॥ ਰਾਗ ਰਤਨ ਪਰੀਆ ਪਰਵਾਰ ॥ ਤਿਸੁ ਵਿਚਿ ਉਪਜੈ ਅੰਮ੍ਰਿਤੁ ਸਾਰ ॥ ਨਾਨਕ ਕਰਤੇ ਕਾ ਇਹੁ ਧਨੁ ਮਾਲੁ ॥ ਜੇ ਕੋ ਬੂਝੈ ਏਹੁ ਬੀਚਾਰੁ ॥੪॥੯॥ {ਪੰਨਾ 351}

ਪਦਅਰਥ:- ਸਿਰਿ—ਸਿਰ ਉਤੇ । ਮੈ ਗੁਣ—ਮੇਰੇ ਗੁਣ (ਸਿਰਫ਼ ਇਹੀ ਹਨ) । ਗਲੀ ਗਲਾ—ਗੱਲਾਂ ਵਿਚੋਂ (ਚੰਗੀਆਂ) ਗੱਲਾਂ । ਗਲਾ ਸਿਰਜਣਹਾਰ—ਸਿਰਜਣਹਾਰ ਦੀਆਂ ਗੱਲਾਂ । ਬਾਦਿ—ਵਿਅਰਥ । ਆਵਹਿ—ਤੂੰ ਆਵੇਂ (ਹੇ ਪ੍ਰਭੂ!) ।੧।

ਤਉ—ਤਦੋਂ । ਕਿਆ ਪਰਵਾਹ ਕੀਜੈ—ਕੋਈ ਪਰਵਾਹ ਨਹੀਂ ਕਰੀਦੀ, ਕੋਈ ਮੁਥਾਜੀ ਨਹੀਂ ਰਹਿ ਜਾਂਦੀ । ਜਨਮਿ—ਜਨਮ ਵਿਚ । ਜਨਮਿ—ਜਨਮ ਲੈ ਕੇ । ਜਨਮਿ ਜਨਮਿ—ਮਨੁੱਖਾ ਜਨਮ ਵਿਚ ਆ ਕੇ । ਲੀਜੀ—ਲੈਣ-ਜੋਗ ਪਦਾਰਥ ।੧।ਰਹਾਉ।

ਮਤਾਗਲੁ—ਹਾਥੀ । ਮਤਾ—ਮਸਤ । ਖਤੋ ਖਤਾ—ਖ਼ਤਾ ਹੀ ਖ਼ਤਾ, ਭੁੱਲ ਹੀ ਭੁੱਲ । ਕਿਆ ਮੁਹੁ ਲੈ—ਕੇਹੜਾ ਮੂੰਹ ਲੈ ਕੇ? ਕਿਸ ਮੂੰਹ ਨਾਲ? ਸਾਖੀ—ਗਵਾਹ ।੨।

ਚਲਾਵੈ—ਤੂੰ ਚਲਾ ਰਿਹਾ ਹੈਂ (ਜਗਤ ਦੀ ਕਾਰ) ।੩।

ਰਤਨ ਰਾਗ—ਸ੍ਰੇਸ਼ਟ ਵਧੀਆ ਰਾਗ । ਪਰੀਆ—ਰਾਗਾਂ ਦੀਆਂ ਪਰੀਆਂ, ਰਾਗਣੀਆਂ । ਤਿਸੁ ਵਿਚਿ—ਇਸ (ਸਾਰੇ ਪਰਵਾਰ) ਵਿਚ {ਨੋਟ:- ਲਫ਼ਜ਼ 'ਤਿਸੁ' ਇਕ-ਵਚਨ ਹੈ} । ਅੰਮ੍ਰਿਤੁ ਸਾਰ—ਸ੍ਰੇਸ਼ਟ ਅੰਮ੍ਰਿਤ, ਨਾਮ-ਰਸ ।੪।

ਅਰਥ:- ਮਨੁੱਖਾ ਜਨਮ ਵਿਚ ਆ ਕੇ ਜੇ ਖੱਟਣ-ਜੋਗ ਪਦਾਰਥ ਇਕੱਠਾ ਕਰੀਏ, ਤਾਂ ਕੋਈ ਪਰਵਾਹ ਨਹੀਂ ਰਹਿ ਜਾਂਦੀ, ਕਿਸੇ ਦੀ ਮੁਥਾਜੀ ਨਹੀਂ ਰਹਿੰਦੀ ।੧।ਰਹਾਉ।

(ਪਰ ਹੇ ਸਿਰਜਣਹਾਰ!) ਮੇਰੇ ਵਿਚ ਤਾਂ ਸਿਰਫ਼ ਇਹੀ ਗੁਣ ਹਨ (ਮੈਂ ਤਾਂ ਨਿਰੀ ਇਹੀ ਖੱਟੀ ਖੱਟੀ ਹੈ) ਕਿ ਮੈਂ ਆਪਣੇ ਸਿਰ ਉਤੇ (ਨਿਰੀਆਂ) ਗੱਲਾਂ ਦੇ ਭਾਰ ਬੱਧੇ ਹੋਏ ਹਨ । ਗੱਲਾਂ ਵਿਚੋਂ ਸਿਰਫ਼ ਉਹ ਗੱਲਾਂ ਹੀ ਚੰਗੀਆਂ ਹਨ ਜੋ, ਹੇ ਸਿਰਜਣਹਾਰ! ਤੇਰੀਆਂ ਗੱਲਾਂ ਹਨ (ਤੇਰੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਹਨ) । ਜਦ ਤਕ, ਹੇ ਸਿਰਜਣਹਾਰ! ਤੂੰ ਮੇਰੇ ਹਿਰਦੇ ਵਿਚ ਚੇਤੇ ਨਾਹ ਆਵੇਂ, ਤਦ ਤਕ ਮੇਰਾ ਖਾਣਾ ਪੀਣਾ ਮੇਰਾ ਹੱਸ ਹੱਸ ਕੇ ਸਮਾਂ ਗੁਜ਼ਾਰਨਾ—ਇਹ ਸਭ ਵਿਅਰਥ ਹੈ ।੧।

(ਅਸਾਂ ਖੱਟਣ-ਜੋਗ ਪਦਾਰਥ ਨਹੀਂ ਖੱਟਿਆ, ਇਸੇ ਕਰ ਕੇ) ਸਾਡੀ ਮਨ ਦੀ ਮਤਿ ਇਹ ਹੈ ਕਿ ਮਨ ਮਸਤ ਹਾਥੀ ਬਣਿਆ ਪਿਆ ਹੈ (ਇਸ ਅਹੰਕਾਰੀ ਮਨ ਦੀ ਅਗਵਾਈ ਵਿਚ) ਜੋ ਕੁਝ ਬੋਲਦੇ ਹਾਂ ਸਭ ਭੈੜ ਹੀ ਭੈੜ ਹੈ । (ਹੇ ਪ੍ਰਭੂ! ਤੇਰੇ ਦਰ ਤੇ) ਅਰਦਾਸ ਵੀ ਕਿਸ ਮੂੰਹ ਨਾਲ ਕਰੀਏ? (ਆਪਣੇ ਢੀਠਪੁਣੇ ਵਿਚ ਅਰਦਾਸ ਕਰਦਿਆਂ ਭੀ ਸ਼ਰਮ ਆਉਂਦੀ ਹੈ, ਕਿਉਂਕਿ) ਸਾਡਾ ਭਲਾ ਤੇ ਸਾਡਾ ਬੁਰਾ (ਚੰਗਿਆਈਆਂ ਦਾ ਸੰਗ੍ਰਹ ਤੇ ਭੈੜੇ

ਕੰਮਾਂ ਦਾ ਸੰਗ੍ਰਹ) ਇਹ ਦੋਵੇਂ ਸਾਡੀਆਂ ਕਰਤੂਤਾਂ ਦੇ ਗਵਾਹ ਮੌਜੂਦ ਹਨ ।੨।

(ਪਰ ਸਾਡੇ ਕੁਝ ਵਸ ਨਹੀਂ ਹੈ, ਹੇ ਪ੍ਰਭੂ!) ਤੂੰ ਆਪ ਹੀ ਜੀਵ ਨੂੰ ਜਿਹੋ ਜਿਹਾ ਬਣਾਂਦਾ ਹੈਂ ਉਹੋ ਜਿਹਾ ਉਹ ਬਣ ਜਾਂਦਾ ਹੈ । ਤੈਥੋਂ ਬਿਨਾ ਹੋਰ ਕੋਈ ਨਹੀਂ (ਜੋ ਸਾਨੂੰ ਅਕਲ ਦੇ ਸਕੇ) । ਤੂੰ ਹੀ ਜਿਹੋ ਜਿਹੀ ਅਕਲ ਬਖ਼ਸ਼ਦਾ ਹੈਂ, ਉਹੀ ਅਕਲ ਜੀਵ ਗ੍ਰਹਣ ਕਰ ਲੈਂਦਾ ਹੈ । ਜਿਵੇਂ ਤੈਨੂੰ ਚੰਗਾ ਲਗਦਾ ਹੈ, ਤੂੰ ਉਸੇ ਤਰ੍ਹਾਂ ਜਗਤ ਦੀ ਕਾਰ ਚਲਾ ਰਿਹਾ ਹੈਂ ।੩।

ਸ੍ਰੇਸ਼ਟ ਵਧੀਆ ਰਾਗ ਤੇ ਉਹਨਾਂ ਦੀਆਂ ਰਾਗਣੀਆਂ ਆਦਿਕ ਦਾ ਇਹ ਸਾਰਾ ਪਰਵਾਰ—ਜੇ ਇਸ ਰਾਗ-ਪਰਵਾਰ ਵਿਚ ਸ੍ਰੇਸ਼ਟ ਨਾਮ-ਰਸ ਭੀ ਜੰਮ ਪਏ (ਤਾਂ ਇਸ ਮੇਲ ਵਿਚੋਂ ਅਸਚਰਜ ਆਤਮਕ ਆਨੰਦ ਪੈਦਾ ਹੁੰਦਾ ਹੈ) । ਹੇ ਨਾਨਕ! ਜੇ ਕਿਸੇ ਸੁਭਾਗੇ ਮਨੁੱਖ ਨੂੰ ਇਹ ਸਮਝ ਪੈ ਜਾਏ (ਤਾਂ ਉਹ ਇਸ ਆਤਮਕ ਆਨੰਦ ਨੂੰ ਮਾਣੇ, ਇਹ ਆਤਮਕ ਆਨੰਦ ਹੀ) ਕਰਤਾਰ ਤਕ ਅਪੜਾਣ ਵਾਲਾ ਧਨ-ਮਾਲ ਹੈ ।੪।੯।

ਆਸਾ ਮਹਲਾ ੧ ॥ ਕਰਿ ਕਿਰਪਾ ਅਪਨੈ ਘਰਿ ਆਇਆ ਤਾ ਮਿਲਿ ਸਖੀਆ ਕਾਜੁ ਰਚਾਇਆ ॥ ਖੇਲੁ ਦੇਖਿ ਮਨਿ ਅਨਦੁ ਭਇਆ ਸਹੁ ਵੀਆਹਣ ਆਇਆ ॥੧॥ ਗਾਵਹੁ ਗਾਵਹੁ ਕਾਮਣੀ ਬਿਬੇਕ ਬੀਚਾਰੁ ॥ ਹਮਰੈ ਘਰਿ ਆਇਆ ਜਗਜੀਵਨੁ ਭਤਾਰੁ ॥੧॥ ਰਹਾਉ ॥ ਗੁਰੂ ਦੁਆਰੈ ਹਮਰਾ ਵੀਆਹੁ ਜਿ ਹੋਆ ਜਾਂ ਸਹੁ ਮਿਲਿਆ ਤਾਂ ਜਾਨਿਆ ॥ ਤਿਹੁ ਲੋਕਾ ਮਹਿ ਸਬਦੁ ਰਵਿਆ ਹੈ ਆਪੁ ਗਇਆ ਮਨੁ ਮਾਨਿਆ ॥੨॥ ਆਪਣਾ ਕਾਰਜੁ ਆਪਿ ਸਵਾਰੇ ਹੋਰਨਿ ਕਾਰਜੁ ਨ ਹੋਈ ॥ ਜਿਤੁ ਕਾਰਜਿ ਸਤੁ ਸੰਤੋਖੁ ਦਇਆ ਧਰਮੁ ਹੈ ਗੁਰਮੁਖਿ ਬੂਝੈ ਕੋਈ ॥੩॥ ਭਨਤਿ ਨਾਨਕੁ ਸਭਨਾ ਕਾ ਪਿਰੁ ਏਕੋ ਸੋਇ ॥ ਜਿਸ ਨੋ ਨਦਰਿ ਕਰੇ ਸਾ ਸੋਹਾਗਣਿ ਹੋਇ ॥੪॥੧੦॥ {ਪੰਨਾ 351}

ਨੋਟ:- ਆਸਾ ਰਾਗ ਵਿਚ ਕਬੀਰ ਜੀ ਦਾ ਸ਼ਬਦ ਨੰ: ੨੪ ਵੇਖੋ, ਪੰਨਾ ੪੮੨ ਉਤੇ । ਉਸ ਸ਼ਬਦ ਦਾ 'ਰਹਾਉ' ਦਾ 'ਬੰਦ' ਇਉਂ ਹੈ:

"ਗਾਉ ਗਾਉ ਰੀ ਦੁਲਹਨੀ ਮੰਗਲਚਾਰਾ ॥
ਮੇਰੇ ਗ੍ਰਿਹ ਆਏ ਰਾਜਾ ਰਾਮ ਭਤਾਰਾ ॥"

ਕਬੀਰ ਜੀ ਨੇ ਆਪਣੇ ਸ਼ਬਦ ਵਿਚ 'ਆਤਮਕ ਵਿਆਹ' ਦਾ ਜ਼ਿਕਰ ਕੀਤਾ ਹੈ, ਲਿਖਦੇ ਹਨ:

"ਕਹਿ ਕਬੀਰ ਮੋਹਿ ਬਿਆਹਿ ਚਲੈ ਹੈ ਪੁਰਖ ਏਕ ਭਗਵਾਨਾ" ।੩।

ਹੁਣ ਪੜ੍ਹੋ—ਗੁਰੂ ਨਾਨਕ ਦੇਵ ਜੀ ਦੇ ਇਸ ਸ਼ਬਦ ਦਾ 'ਰਹਾਉ' ਦਾ ਬੰਦ:

"ਗਾਵਹੁ ਗਾਵਹੁ ਕਾਮਣੀ ਬਿਬੇਕ ਬੀਚਾਰੁ ॥
ਹਮਰੈ ਘਰਿ ਆਇਆ ਜਗਜੀਵਨੁ ਭਤਾਰੁ ॥"

ਗੁਰੂ ਨਾਨਕ ਦੇਵ ਜੀ ਭੀ ਇਸ ਸ਼ਬਦ ਵਿਚ 'ਆਤਮਕ ਵਿਆਹ' ਦਾ ਹੀ ਜ਼ਿਕਰ ਕਰਦੇ ਹਨ ਤੇ ਆਖਦੇ ਹਨ ਕਿ ਸਾਡਾ ਵਿਆਹ ਗੁਰੂ ਦੀ ਰਾਹੀਂ ਹੋਇਆ ਹੈ:

"ਗੁਰੂ ਦੁਆਰੈ ਹਮਰਾ ਵੀਆਹੁ ਜਿ ਹੋਆ,
ਜਾਂ ਸਹੁ ਮਿਲਿਆ ਤਾਂ ਜਾਨਿਆ ॥"

ਕਬੀਰ ਜੀ ਗੁਰੂ ਨਾਨਕ ਦੇਵ ਜੀ ਤੋਂ ਪਹਿਲਾਂ ਹੋ ਚੁਕੇ ਸਨ । ਸਤਿਗੁਰੂ ਜੀ ਇਹਨਾਂ ਦੀ ਬਾਣੀ ਪਹਿਲੀ 'ਉਦਾਸੀ' ਸਮੇ ਲਿਆਏ ਸਨ ।

ਪਦਅਰਥ:- ਕਰਿ—ਕਰ ਕੇ । ਘਰਿ—ਘਰ ਵਿਚ, ਮੇਰੇ ਹਿਰਦੇ-ਘਰ ਵਿਚ । ਤਾ—ਤਦੋਂ {ਨੋਟ:- ਲਫ਼ਜ਼ 'ਤਾ' ਦਾ ਭਾਵ ਸਮਝਣ ਵਾਸਤੇ ਪਹਿਲੀ ਤੁਕ ਦੇ ਨਾਲ ਲਫ਼ਜ਼ 'ਜਦੋਂ' ਵਰਤੋ}। ਮਿਲਿ—ਮਿਲ ਕੇ । ਸਖੀਆ—ਇੰਦ੍ਰੀਆਂ ਨੇ । ਕਾਜੁ—ਵਿਆਹ । ਕਾਜੁ ਰਚਾਇਆ—ਵਿਆਹ ਰਚਾ ਦਿੱਤਾ, ਪ੍ਰਭੂ-ਪਤੀ ਨਾਲ ਮੇਲ ਦੇ ਗੀਤ ਗਾਣੇ ਸ਼ੁਰੂ ਕਰ ਦਿੱਤੇ, ਪ੍ਰਭੂ-ਪਤੀ ਦੀ ਸਿਫ਼ਤਿ-ਸਾਲਾਹ ਵਲ ਪਰਤ ਪਈਆਂ । ਖੇਲੁ—ਵਿਆਹ ਦਾ ਖੇਲ, ਵਿਆਹ ਦਾ ਚਾਉ-ਮਲ੍ਹਾਰ। ਦੇਖਿ—ਵੇਖ ਕੇ । ਮਨਿ—ਮੇਰੇ ਮਨ ਵਿਚ ।੧।

ਕਾਮਣੀ—ਹੇ ਇਸਤ੍ਰੀਓ! ਹੇ ਇੰਦ੍ਰੀਓ! ਬਿਬੇਕ—ਪਰਖ, ਗਿਆਨ । ਬਿਬੇਕ ਬੀਚਾਰੁ—ਗਿਆਨ ਪੈਦਾ ਕਰਨ ਵਾਲਾ ਖ਼ਿਆਲ, ਪ੍ਰਭੂ-ਪਤੀ ਨਾਲ ਡੂੰਘੀ ਸਾਂਝ ਪੈਦਾ ਕਰਨ ਵਾਲਾ ਗੀਤ । ਜਗਜੀਵਨੁ—ਸਾਰੇ ਜਗਤ ਦੀ ਜ਼ਿੰਦਗੀ (ਦਾ ਆਸਰਾ) । ਭਤਾਰੁ—ਖਸਮ-ਪ੍ਰਭੂ ।੧।ਰਹਾਉ।

ਗੁਰੂ ਦੁਆਰੈ—ਗੁਰੂ ਦੇ ਦਰ ਤੇ (ਪੈ ਕੇ), ਗੁਰੂ ਦੀ ਸਰਨ ਪਿਆਂ । ਜਾਂ—ਜਦੋਂ । ਤਾਂ—ਤਦੋਂ । ਜਾਨਿਆ—ਜਾਣ ਲਿਆ, ਪਛਾਣ ਲਿਆ, ਡੂੰਘੀ ਸਾਂਝ ਪਾ ਲਈ, ਪੂਰੀ ਸਮਝ ਆ ਗਈ । ਤਿਹੁ—ਤਿਨ੍ਹਾਂ ਹੀ । ਸਬਦੁ—ਜੀਵਨ-ਰੌ (ਹੋ ਕੇ) । ਰਵਿਆ—ਵਿਆਪਕ ਹੈ । ਆਪੁ—ਆਪਾ-ਭਾਵ, ਸੁਆਰਥ । ਮਾਨਿਆ—ਮੰਨ ਗਿਆ, ਗਿੱਝ ਗਿਆ ।੨।

ਕਾਰਜੁ—ਕਾਜੁ, ਵਿਆਹ ਦਾ ਉੱਦਮ, ਮੇਲ ਦਾ ਪ੍ਰਬੰਧ । ਹੋਰਨਿ—ਕਿਸੇ ਹੋਰ ਪਾਸੋਂ । ਜਿਤੁ ਕਾਰਜਿ—ਜਿਸ ਕਾਜ ਦੀ ਰਾਹੀਂ, ਜਿਸ ਵਿਆਹ ਦੀ ਰਾਹੀਂ, ਜਿਸ ਮੇਲ ਦੀ ਬਰਕਤਿ ਨਾਲ । ਹੈ—ਪੈਦਾ ਹੁੰਦਾ ਹੈ ।੩।

ਭਨਤਿ—ਆਖਦਾ ਹੈ । ਪਿਰੁ—ਖਸਮ । ਨਦਰਿ—ਕਿਰਪਾ ਦੀ ਦ੍ਰਿਸ਼ਟੀ, ਮੇਹਰ ਦੀ ਨਿਗਾਹ । ਸੋਹਾਗਣਿ—ਚੰਗੇ ਭਾਗਾਂ ਵਾਲੀ, ਖਸਮ ਵਾਲੀ ।੪।

ਅਰਥ:- ਹੇ ਇਸਤ੍ਰੀਓ! (ਹੇ ਮੇਰੇ ਗਿਆਨ-ਇੰਦ੍ਰਿਓ! ਚੰਗੇ ਮੰਦੇ ਦੀ) ਪਰਖ ਦੀ ਵਿਚਾਰ (ਪੈਦਾ ਕਰਨ ਵਾਲਾ ਗੀਤ) ਮੁੜ ਮੁੜ ਗਾਵੋ (ਹੇ ਮੇਰੀ ਜੀਭ! ਸਿਫ਼ਤਿ-ਸਾਲਾਹ ਵਿਚ ਜੁੜ; ਤਾਕਿ ਤੈਨੂੰ ਨਿੰਦਾ ਕਰਨ ਵਲੋਂ ਹਟਣ ਦੀ ਸੂਝ ਆ ਜਾਏ । ਹੇ ਮੇਰੇ ਕੰਨੋ! ਸਿਫ਼ਤਿ-ਸਾਲਾਹ ਦੇ ਗੀਤ ਸੁਣਦੇ ਰਹੋ, ਤਾਂ ਜੁ ਨਿੰਦਾ ਸੁਣਨ ਦੀ ਬਾਣ ਹਟੇ) । ਸਾਡੇ ਘਰ ਵਿਚ (ਮੇਰੇ ਹਿਰਦੇ-ਘਰ ਵਿਚ) ਉਹ ਖਸਮ-ਪ੍ਰਭੂ ਆ ਵੱਸਿਆ ਹੈ ਜੋ ਸਾਰੇ ਜਗਤ ਦੀ ਜ਼ਿੰਦਗੀ (ਦਾ ਆਸਰਾ) ਹੈ ।੧।ਰਹਾਉ।

ਜਦੋਂ ਮੇਰਾ ਖਸਮ-ਪ੍ਰਭੂ (ਮੈਨੂੰ ਜੀਵ-ਇਸਤ੍ਰੀ ਨੂੰ ਅਪਣਾ ਕੇ ਮੇਰੇ ਹਿਰਦੇ ਨੂੰ ਆਪਣੇ ਰਹਿਣ ਦਾ ਘਰ ਬਣਾ ਕੇ) ਆਪਣੇ ਘਰ ਵਿਚ ਆ ਟਿਕਿਆ, ਤਾਂ ਮੇਰੀਆਂ ਸਹੇਲੀਆਂ ਨੇ ਮਿਲ ਕੇ (ਜੀਭ, ਅੱਖਾਂ, ਕੰਨਾਂ ਆਦਿਕ ਨੇ ਰਲ ਕੇ) ਪ੍ਰਭੂ-ਪਤੀ ਨਾਲ ਮੇਲ ਦੇ ਗੀਤ ਗਾਣੇ-ਸੁਣਨੇ ਸ਼ੁਰੂ ਕਰ ਦਿੱਤੇ । ਮੇਰਾ ਖਸਮ-ਪ੍ਰਭੂ ਮੈਨੂੰ ਵੀਆਹਣ ਆਇਆ ਹੈ (ਮੈਨੂੰ ਆਪਣੇ ਚਰਨਾਂ ਵਿਚ ਜੋੜਨ ਆਇਆ ਹੈ)—ਪ੍ਰਭੂ-ਮਿਲਾਪ ਲਈ ਇਹ ਉੱਦਮ ਵੇਖ ਕੇ ਮੇਰੇ ਮਨ ਵਿਚ ਆਨੰਦ ਪੈਦਾ ਹੋ ਗਿਆ ਹੈ ।੧।

ਗੁਰੂ ਦੀ ਸਰਨ ਪਿਆਂ ਸਾਡਾ ਇਹ ਵਿਆਹ ਹੋਇਆ (ਗੁਰੂ ਨੇ ਮੈਨੂੰ ਪ੍ਰਭੂ-ਪਤੀ ਨਾਲ ਜੋੜਿਆ), ਜਦੋਂ ਮੈਨੂੰ ਖਸਮ-ਪ੍ਰਭੂ ਮਿਲ ਪਿਆ, ਤਦੋਂ ਮੈਨੂੰ ਸਮਝ ਪੈ ਗਈ ਕਿ ਉਹ ਪ੍ਰਭੂ ਜੀਵਨ-ਰੌ ਬਣ ਕੇ ਸਾਰੇ ਜਗਤ ਵਿਚ ਵਿਆਪਕ ਹੋ ਰਿਹਾ ਹੈ । ਮੇਰੇ ਅੰਦਰੋਂ ਆਪਾ-ਭਾਵ ਦੂਰ ਹੋ ਗਿਆ, ਮੇਰਾ ਮਨ ਉਸ ਪ੍ਰਭੂ-ਪਤੀ ਦੀ ਯਾਦ ਵਿਚ ਗਿੱਝ ਗਿਆ ।੨।

ਪ੍ਰਭੂ-ਪਤੀ ਜੀਵ-ਇਸਤ੍ਰੀ ਨੂੰ ਆਪਣੇ ਨਾਲ ਮਿਲਾਣ ਦਾ ਇਹ ਕੰਮ ਆਪਣਾ ਸਮਝਦਾ ਹੈ, ਤੇ ਆਪ ਹੀ ਇਸ ਕਾਰਜ ਨੂੰ ਸਿਰੇ ਚਾੜ੍ਹਦਾ ਹੈ, ਕਿਸੇ ਹੋਰ ਪਾਸੋਂ ਇਹ ਕੰਮ ਸਿਰੇ ਨਹੀਂ ਚਾੜ੍ਹਿਆ ਜਾ ਸਕਦਾ । ਇਸ ਮੇਲ ਦੀ ਬਰਕਤਿ ਨਾਲ (ਜੀਵ-ਇਸਤ੍ਰੀ ਦੇ ਅੰਦਰ) ਸੇਵਾ ਸੰਤੋਖ ਦਇਆ ਧਰਮ ਆਦਿਕ ਗੁਣ ਪੈਦਾ ਹੁੰਦੇ ਹਨ । ਇਸ ਭੇਤ ਨੂੰ ਉਹੀ ਮਨੁੱਖ ਸਮਝਦਾ ਹੈ ਜੋ ਗੁਰੂ ਦੇ ਸਨਮੁਖ ਹੁੰਦਾ ਹੈ ।੩।

ਨਾਨਕ ਆਖਦਾ ਹੈ—(ਭਾਵੇਂ ਜੀਕਰ) ਪਰਮਾਤਮਾ ਹੀ ਸਭ ਜੀਵ-ਇਸਤ੍ਰੀਆਂ ਦਾ ਪਤੀ ਹੈ, (ਫਿਰ ਭੀ) ਜਿਸ ਉਤੇ ਮੇਹਰ ਦੀ ਨਿਗਾਹ ਕਰਦਾ ਹੈ (ਜਿਸ ਦੇ ਹਿਰਦੇ ਵਿਚ ਆ ਕੇ ਪਰਗਟ ਹੁੰਦਾ ਹੈ) ਉਹੀ ਭਾਗਾਂ ਵਾਲੀ ਹੁੰਦੀ ਹੈ ।੪।੧੦।

ਆਸਾ ਮਹਲਾ ੧ ॥ ਗ੍ਰਿਹੁ ਬਨੁ ਸਮਸਰਿ ਸਹਜਿ ਸੁਭਾਇ ॥ ਦੁਰਮਤਿ ਗਤੁ ਭਈ ਕੀਰਤਿ ਠਾਇ ॥ ਸਚ ਪਉੜੀ ਸਾਚਉ ਮੁਖਿ ਨਾਂਉ ॥ ਸਤਿਗੁਰੁ ਸੇਵਿ ਪਾਏ ਨਿਜ ਥਾਉ ॥੧॥ ਮਨ ਚੂਰੇ ਖਟੁ ਦਰਸਨ ਜਾਣੁ ॥ ਸਰਬ ਜੋਤਿ ਪੂਰਨ ਭਗਵਾਨੁ ॥੧॥ ਰਹਾਉ ॥ ਅਧਿਕ ਤਿਆਸ ਭੇਖ ਬਹੁ ਕਰੈ ॥ ਦੁਖੁ ਬਿਖਿਆ ਸੁਖੁ ਤਨਿ ਪਰਹਰੈ ॥ ਕਾਮੁ ਕ੍ਰੋਧੁ ਅੰਤਰਿ ਧਨੁ ਹਿਰੈ ॥ ਦੁਬਿਧਾ ਛੋਡਿ ਨਾਮਿ ਨਿਸਤਰੈ ॥੨॥ ਸਿਫਤਿ ਸਲਾਹਣੁ ਸਹਜ ਅਨੰਦ ॥ ਸਖਾ ਸੈਨੁ ਪ੍ਰੇਮੁ ਗੋਬਿੰਦ ॥ ਆਪੇ ਕਰੇ ਆਪੇ ਬਖਸਿੰਦੁ ॥ ਤਨੁ ਮਨੁ ਹਰਿ ਪਹਿ ਆਗੈ ਜਿੰਦੁ ॥੩॥ ਝੂਠ ਵਿਕਾਰ ਮਹਾ ਦੁਖੁ ਦੇਹ ॥ ਭੇਖ ਵਰਨ ਦੀਸਹਿ ਸਭਿ ਖੇਹ ॥ ਜੋ ਉਪਜੈ ਸੋ ਆਵੈ ਜਾਇ ॥ ਨਾਨਕ ਅਸਥਿਰੁ ਨਾਮੁ ਰਜਾਇ ॥੪॥੧੧॥ {ਪੰਨਾ 352}

ਪਦਅਰਥ:- ਬਨੁ—ਜੰਗਲ । ਸਮਸਰਿ—ਬਰਾਬਰ, ਇਕੋ ਜਿਹਾ । ਸਹਜਿ—ਅਡੋਲਤਾ ਵਿਚ । ਸੁਭਾਇ—ਪ੍ਰੇਮ ਵਿਚ । ਗਤੁ ਭਈ—ਦੂਰ ਹੋ ਜਾਂਦੀ ਹੈ । ਕੀਰਤਿ—ਸਿਫ਼ਤਿ-ਸਾਲਾਹ । ਠਾਇ—(ਉਸ ਦੀ) ਥਾਂ ਤੇ । ਮੁਖਿ—ਮੂੰਹ ਵਿਚ । ਨਾਂਉ—ਪਰਮਾਤਮਾ ਦਾ ਨਾਮ । ਸੇਵਿ—ਸੇਵ ਕੇ, ਸੇਵਾ ਕਰ ਕੇ । ਨਿਜ—ਆਪਣਾ । ਨਿਜ ਥਾਉ—ਉਹ ਥਾਂ ਜੋ ਸਦਾ ਆਪਣਾ ਬਣਿਆ ਰਹੇਗਾ ।੧।

ਚੂਰੇ—ਚੂਰਾ ਚੂਰਾ ਕਰੇ, ਮੰਦੇ ਸੰਸਕਾਰਾਂ ਦਾ ਨਾਸ ਕਰੇ । ਖਟੁ—ਛੇ । ਖਟੁ ਦਰਸਨ—ਛੇ ਸ਼ਾਸਤ੍ਰ (ਸਾਂਖ, ਨਿਆਇ, ਯੋਗ, ਵੇਦਾਂਤ, ਮੀਮਾਂਸਾ, ਵੈਸ਼ੇਸ਼ਿਕ) । ਜਾਣੁ—ਗਿਆਤਾ । ਸਰਬ ਜੋਤਿ—ਸਭ ਜੀਵਾਂ ਵਿਚ ਵਿਆਪਕ ਜੋਤਿ ।੧।ਰਹਾਉ।

ਅਧਿਕ—ਬਹੁਤ । ਤਿਆਸ—ਤ੍ਰਿਸ਼ਨਾ । ਦੁਖੁ ਬਿਖਿਆ—ਮਾਇਆ ਦੀ ਤ੍ਰਿਸ਼ਨਾ ਤੋਂ ਪੈਦਾ ਹੋਇਆ ਦੁੱਖ । ਤਨਿ—ਸਰੀਰ ਵਿਚ । ਪਰਹਰੈ—ਦੂਰ ਕਰ ਦੇਂਦਾ ਹੈ । ਧਨੁ—ਨਾਮ-ਧਨ । ਹਿਰੈ—ਚੁਰਾ ਲੈਂਦਾ ਹੈ । ਛੋਡਿ—ਛੱਡ ਕੇ । ਨਾਮਿ—ਨਾਮ ਵਿਚ (ਜੁੜ ਕੇ) । ਨਿਸਤਰੈ—ਪਾਰ ਲੰਘ ਜਾਂਦਾ ਹੈ ।੨।

ਸਹਜ ਅਨੰਦ—ਅਡੋਲਤਾ ਦਾ ਅਨੰਦ । ਸੈਨੁ—ਮਿਤ੍ਰ । ਆਗੈ—(ਹਰੀ ਦੇ) ਅੱਗੇ ।੩।

ਦੇਹ—ਸਰੀਰ । ਦੀਸਹਿ—ਦਿੱਸਦੇ ਹਨ । ਸਭਿ—ਸਾਰੇ । ਉਪਜੈ—ਜੰਮਦਾ ਹੈ । ਜਾਇ—ਚਲਾ ਜਾਂਦਾ ਹੈ । ਅਸਥਿਰੁ—ਸਦਾ-ਥਿਰ ਰਹਿਣ ਵਾਲਾ ।

ਅਰਥ:- ਜੋ ਮਨੁੱਖ ਆਪਣੇ ਮਨ ਨੂੰ ਆਪਣੇ ਵੱਸ ਵਿਚ ਕਰ ਲੈਂਦਾ ਹੈ, ਉਹ, ਮਾਨੋ, ਛੇ ਸ਼ਾਸਤ੍ਰਾਂ ਦਾ ਗਿਆਤਾ ਹੋ ਗਿਆ ਹੈ ਉਸ ਨੂੰ ਅਕਾਲ ਪੁਰਖ ਦੀ ਜੋਤਿ ਸਭ ਜੀਵਾਂ ਵਿਚ ਵਿਆਪਕ ਦਿੱਸਦੀ ਹੈ ।੧।ਰਹਾਉ।

(ਜਿਸ ਨੇ ਮਨ ਨੂੰ ਵੱਸ ਵਿਚ ਕਰ ਲਿਆ, ਉਸ ਮਨੁੱਖ ਨੂੰ) ਘਰ ਤੇ ਜੰਗਲ ਇੱਕ ਸਮਾਨ ਹੈ, ਕਿਉਂਕਿ ਉਹ

ਅਡੋਲ ਅਵਸਥਾ ਵਿਚ ਰਹਿੰਦਾ ਹੈ, ਪ੍ਰਭੂ ਦੇ ਪਿਆਰ ਵਿਚ (ਮਸਤ ਰਹਿੰਦਾ) ਹੈ; ਉਸ ਮਨੁੱਖ ਦੀ ਭੈੜੀ ਮਤਿ ਦੂਰ ਹੋ ਜਾਂਦੀ ਹੈ ਉਸ ਦੇ ਥਾਂ ਉਸ ਦੇ ਅੰਦਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵੱਸਦੀ ਹੈ । ਪ੍ਰਭੂ ਦਾ ਸਦਾ-ਥਿਰ ਰਹਿਣ ਵਾਲਾ ਨਾਮ ਉਸ ਦੇ ਮੂੰਹ ਵਿਚ ਹੁੰਦਾ ਹੈ, (ਸਿਮਰਨ ਦੀ ਇਸ) ਸੱਚੀ ਪੌੜੀ ਦੀ ਰਾਹੀਂ ਸਤਿਗੁਰੂ ਦੇ ਦੱਸੇ ਰਸਤੇ ਉਤੇ ਤੁਰ ਕੇ ਉਹ ਮਨੁੱਖ ਉਹ ਆਤਮਕ ਟਿਕਾਣਾ ਪ੍ਰਾਪਤ ਕਰ ਲੈਂਦਾ ਹੈ ਜੋ ਸਦਾ ਉਸ ਦਾ ਆਪਣਾ ਬਣਿਆ ਰਹਿੰਦਾ ਹੈ ।੧।

ਪਰ ਜੇ ਮਨੁੱਖ ਦੇ ਅੰਦਰ ਮਾਇਆ ਦੀ ਬਹੁਤ ਤ੍ਰਿਸ਼ਨਾ ਹੋਵੇ (ਬਾਹਰ ਜਗਤ-ਵਿਖਾਵੇ ਲਈ) ਬਹੁਤ ਧਾਰਮਿਕ ਲਿਬਾਸ ਪਹਿਨੇ, ਮਾਇਆ ਦੇ ਮੋਹ ਤੋਂ ਪੈਦਾ ਹੋਇਆ ਕਲੇਸ਼ ਉਸ ਦੇ ਅੰਦਰ ਆਤਮਕ ਸੁਖ ਨੂੰ ਦੂਰ ਕਰ ਦੇਂਦਾ ਹੈ, ਤੇ ਕਾਮ ਕ੍ਰੋਧ ਉਸ ਦੇ ਅੰਦਰਲੇ ਨਾਮ-ਧਨ ਨੂੰ ਚੁਰਾ ਲੈ ਜਾਂਦਾ ਹੈ । (ਤ੍ਰਿਸ਼ਨਾ ਦੇ ਹੜ੍ਹ ਵਿਚੋਂ ਉਹੀ ਮਨੁੱਖ) ਪਾਰ ਲੰਘਦਾ ਹੈ ਜੋ ਪ੍ਰਭੂ ਦੇ ਨਾਮ ਵਿਚ ਜੁੜਿਆ ਰਹਿੰਦਾ ਹੈ ਤੇ ਜੋ ਦੁਚਿੱਤਾ-ਪਨ ਛੱਡਦਾ ਹੈ ।੨।

(ਜਿਸ ਨੇ ਮਨ ਨੂੰ ਮਾਰ ਲਿਆ) ਉਹ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹੈ ਆਤਮਕ ਅਡੋਲਤਾ ਦਾ ਆਨੰਦ ਮਾਣਦਾ ਹੈ, ਗੋਬਿੰਦ ਦੇ ਪ੍ਰੇਮ ਨੂੰ ਆਪਣਾ ਸਾਥੀ ਮਿਤ੍ਰ ਬਣਾਂਦਾ ਹੈ, ਉਹ ਮਨੁੱਖ ਆਪਣਾ ਤਨ, ਆਪਣਾ ਮਨ, ਆਪਣੀ ਜਿੰਦ ਪ੍ਰਭੂ ਦੇ ਹਵਾਲੇ ਕਰੀ ਰੱਖਦਾ ਹੈ, ਉਸ ਨੂੰ ਯਕੀਨ ਰਹਿੰਦਾ ਹੈ ਕਿ ਪ੍ਰਭੂ ਆਪ ਹੀ (ਜੀਵਾਂ ਨੂੰ) ਪੈਦਾ ਕਰਦਾ ਹੈ ਆਪ ਹੀ ਦਾਤਾਂ ਬਖ਼ਸ਼ਣ ਵਾਲਾ ਹੈ ।੩।

(ਮਨ ਮਾਰ ਕੇ ਆਤਮਕ ਆਨੰਦ ਲੈਣ ਵਾਲੇ ਨੂੰ) ਝੂਠ ਆਦਿਕ ਵਿਕਾਰ ਸਰੀਰ ਵਾਸਤੇ ਭਾਰੀ ਕਸ਼ਟ (ਦਾ ਮੂਲ) ਜਾਪਦੇ ਹਨ, (ਜਗਤ-ਵਿਖਾਵੇ ਵਾਲੇ) ਸਾਰੇ ਧਾਰਮਿਕ ਭੇਖ ਤੇ ਵਰਨ (ਆਸ਼੍ਰਮਾਂ ਦਾ ਮਾਣ) ਮਿੱਟੀ ਸਮਾਨ ਦਿੱਸਦੇ ਹਨ । ਹੇ ਨਾਨਕ! ਉਸ ਨੂੰ ਯਕੀਨ ਰਹਿੰਦਾ ਹੈ ਕਿ ਜਗਤ ਤਾਂ ਪੈਦਾ ਹੁੰਦਾ ਤੇ ਨਾਸ ਹੋ ਜਾਂਦਾ ਹੈ, ਪਰਮਾਤਮਾ ਦਾ ਇਕ ਨਾਮ ਹੀ ਸਦਾ-ਥਿਰ ਰਹਿਣ ਵਾਲਾ ਹੈ (ਇਸ ਵਾਸਤੇ ਉਹ ਨਾਮ ਜਪਦਾ ਹੈ) ।੪।੧੧।

ਆਸਾ ਮਹਲਾ ੧ ॥ ਏਕੋ ਸਰਵਰੁ ਕਮਲ ਅਨੂਪ ॥ ਸਦਾ ਬਿਗਾਸੈ ਪਰਮਲ ਰੂਪ ॥ ਊਜਲ ਮੋਤੀ ਚੂਗਹਿ ਹੰਸ ॥ ਸਰਬ ਕਲਾ ਜਗਦੀਸੈ ਅੰਸ ॥੧॥ ਜੋ ਦੀਸੈ ਸੋ ਉਪਜੈ ਬਿਨਸੈ ॥ ਬਿਨੁ ਜਲ ਸਰਵਰਿ ਕਮਲੁ ਨ ਦੀਸੈ ॥੧॥ ਰਹਾਉ ॥ ਬਿਰਲਾ ਬੂਝੈ ਪਾਵੈ ਭੇਦੁ ॥ ਸਾਖਾ ਤੀਨਿ ਕਹੈ ਨਿਤ ਬੇਦੁ ॥ ਨਾਦ ਬਿੰਦ ਕੀ ਸੁਰਤਿ ਸਮਾਇ ॥ ਸਤਿਗੁਰੁ ਸੇਵਿ ਪਰਮ ਪਦੁ ਪਾਇ ॥੨॥ ਮੁਕਤੋ ਰਾਤਉ ਰੰਗਿ ਰਵਾਂਤਉ ॥ ਰਾਜਨ ਰਾਜਿ ਸਦਾ ਬਿਗਸਾਂਤਉ ॥ ਜਿਸੁ ਤੂੰ ਰਾਖਹਿ ਕਿਰਪਾ ਧਾਰਿ ॥ ਬੂਡਤ ਪਾਹਨ ਤਾਰਹਿ ਤਾਰਿ ॥੩॥ ਤ੍ਰਿਭਵਣ ਮਹਿ ਜੋਤਿ ਤ੍ਰਿਭਵਣ ਮਹਿ ਜਾਣਿਆ ॥ ਉਲਟ ਭਈ ਘਰੁ ਘਰ ਮਹਿ ਆਣਿਆ ॥ ਅਹਿਨਿਸਿ ਭਗਤਿ ਕਰੇ ਲਿਵ ਲਾਇ ॥ ਨਾਨਕੁ ਤਿਨ ਕੈ ਲਾਗੈ ਪਾਇ ॥੪॥੧੨॥ {ਪੰਨਾ 352}

ਪਦਅਰਥ:- ਸਰਵਰੁ—ਸੋਹਣਾ ਸਰ, ਸੋਹਣਾ ਤਾਲਾਬ । ਅਨੂਪ—ਸੋਹਣੇ । ਬਿਗਾਸੈ—ਖਿੜਾਂਦਾ ਹੈ । ਪਰਮਲ—ਸੁਗੰਧੀ । ਰੂਪ—ਸੁੰਦਰਤਾ । ਹੰਸ—ਸਤਸੰਗੀ, ਗੁਰਮੁਖ । ਸਰਬ ਕਲਾ—ਸਾਰੀਆਂ ਤਾਕਤਾਂ ਵਾਲਾ । ਜਗਦੀਸੈ—ਜਗਦੀਸ਼ ਦਾ । ਅੰਸ—ਹਿੱਸਾ ।੧।

ਸਰਵਰਿ—ਸਰਵਰ ਵਿਚ ।੧।ਰਹਾਉ।

ਭੇਦੁ—(ਸਤਸੰਗ ਸਰੋਵਰ ਦੀ) ਗੁਪਤ ਕਦਰ । ਸਾਖਾ ਤੀਨਿ—ਤਿੰਨ ਅਵਸਥਾ (ਮਾਇਆ ਦੀਆਂ) । ਨਾਦ—ਸ਼ਬਦ, ਸਿਫ਼ਤਿ-ਸਾਲਾਹ ਦੀ ਬਾਣੀ । ਬਿੰਦ—ਜਾਣਨਾ । ਨਾਦ ਬਿੰਦ ਕੀ ਸੁਰਤਿ—ਸ਼ਬਦ ਨੂੰ ਜਾਣਨ ਵਾਲੀ

ਸੁਰਤਿ ਵਿਚ । ਸਮਾਇ—ਲੀਨ ਹੁੰਦਾ ਹੈ । ਪਰਮ—ਬਹੁਤ ਉੱਚਾ । ਪਦੁ—ਆਤਮਕ ਦਰਜਾ ।੨।

ਮੁਕਤੋ—ਮੁਕਤ, ਵਿਕਾਰਾਂ ਤੋਂ ਆਜ਼ਾਦ । ਰਾਤਉ—ਰੱਤਾ ਹੋਇਆ । ਰਵਾਂਤਉ—ਸਿਮਰਦਾ ਹੈ । ਰਾਜਨ ਰਾਜਿ—ਰਾਜਿਆਂ ਦੇ ਰਾਜੇ (ਹਰੀ) ਵਿਚ । ਬਿਗਸਾਂਤਉ—ਬਿਗਸਦਾ ਹੈ, ਖਿੜਿਆ ਰਹਿੰਦਾ ਹੈ । ਪਾਹਨ—ਪੱਥਰ । ਤਾਰਿ—ਬੇੜੀ ।੩।

ਉਲਟ ਭਈ—ਸੁਰਤਿ ਮਾਇਆ ਦੇ ਪ੍ਰਭਾਵ ਵਲੋਂ ਪਰਤ ਗਈ । ਘਰੁ—ਪਰਮਾਤਮਾ ਦਾ ਨਿਵਾਸ-ਥਾਂ । ਘਰ ਮਹਿ—(ਆਪਣੇ) ਹਿਰਦੇ ਵਿਚ । ਆਨਿਆ—ਲੈ ਆਂਦਾ । ਅਹਿ—ਦਿਨ । ਨਿਸਿ—ਰਾਤ । ਪਾਇ—ਪੈਰੀਂ ।੪।

ਅਰਥ:– ਜੋ ਕੁਝ ਦਿੱਸ ਰਿਹਾ ਹੈ (ਭਾਵ, ਇਹ ਦਿੱਸਦਾ ਜਗਤ) ਪੈਦਾ ਹੁੰਦਾ ਹੈ ਤੇ ਨਾਸ ਹੋ ਜਾਂਦਾ ਹੈ । ਪਰ ਸਰੋਵਰ ਵਿਚ (ਉਗਿਆ ਹੋਇਆ) ਕੌਲ ਪਾਣੀ ਤੋਂ ਬਿਨਾ ਨਹੀਂ ਹੈ (ਇਸ ਵਾਸਤੇ ਉਹ ਨਾਸ ਹੁੰਦਾ) ਨਹੀਂ ਦਿੱਸਦਾ (ਭਾਵ, ਜਿਵੇਂ ਸਰੋਵਰ ਵਿਚ ਉੱਗਿਆ ਹੋਇਆ ਕੌਲ-ਫੁੱਲ ਪਾਣੀ ਦੀ ਬਰਕਤਿ ਨਾਲ ਹਰਾ ਰਹਿੰਦਾ ਹੈ, ਤਿਵੇਂ ਸਤਸੰਗ ਵਿਚ ਟਿਕੇ ਰਹਿਣ ਵਾਲੇ ਗੁਰਮੁਖਿ ਦਾ ਹਿਰਦਾ-ਕਮਲ ਸਦਾ ਆਤਮਕ ਜੀਵਨ ਵਾਲਾ ਹੈ) ।੧।ਰਹਾਉ।

(ਸਤਸੰਗ ਇਕ ਸਰੋਵਰ ਹੈ (ਜਿਸ ਵਿਚ) ਸੰਤ-ਜਨ ਸੋਹਣੇ ਕੌਲ-ਫੁੱਲ ਹਨ । (ਸਤਸੰਗ ਉਹਨਾਂ ਨੂੰ ਨਾਮ-ਜਲ ਦੇ ਕੇ) ਸਦਾ ਖਿੜਾਈ ਰੱਖਦਾ ਹੈ (ਉਹਨਾਂ ਨੂੰ ਆਤਮਕ ਜੀਵਨ ਦੀ) ਸੁਗੰਧੀ ਤੇ ਸੁੰਦਰਤਾ ਦੇਂਦਾ ਹੈ । ਸੰਤ-ਹੰਸ (ਉਸ ਸਤਸੰਗ-ਸਰੋਵਰ ਵਿਚ ਰਹਿ ਕੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ) ਸੋਹਣੇ ਮੋਤੀ ਚੁਗ ਕੇ ਖਾਂਦੇ ਹਨ (ਤੇ ਇਸ ਤਰ੍ਹਾਂ) ਸਾਰੀਆਂ ਤਾਕਤਾਂ ਦੇ ਮਾਲਕ ਜਗਦੀਸ਼ ਦਾ ਹਿੱਸਾ (ਬਣੇ ਰਹਿੰਦੇ ਹਨ; ਜਗਦੀਸ਼ ਨਾਲ ਇੱਕ-ਰੂਪ ਹੋਏ ਰਹਿੰਦੇ ਹਨ) ।੧।

(ਸਤਸੰਗ ਸਰੋਵਰ ਦੀ ਇਸ) ਗੁਪਤ ਕਦਰ ਨੂੰ ਕੋਈ ਵਿਰਲਾ ਹੀ ਬੰਦਾ ਸਮਝਦਾ ਹੈ (ਜਗਤ ਆਮ ਤੌਰ ਤੇ ਤ੍ਰਿਗੁਣੀ ਸੰਸਾਰ ਦੀਆਂ ਗੱਲਾਂ ਕਰਦਾ ਹੈ) ਵੇਦ (ਭੀ) ਤ੍ਰਿਗੁਣੀ ਸੰਸਾਰ ਦਾ ਹੀ ਜ਼ਿਕਰ ਕਰਦਾ ਹੈ । (ਸਤਸੰਗ ਵਿਚ ਰਹਿ ਕੇ) ਜਿਸ ਮਨੁੱਖ ਦੀ ਸੁਰਤਿ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਸੂਝ ਵਿਚ ਲੀਨ ਰਹਿੰਦੀ ਹੈ, ਉਹ ਆਪਣੇ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਉੱਚੀ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ ।੨।

(ਸਤਸੰਗ ਸਰੋਵਰ ਵਿਚ ਚੁੱਭੀ ਲਾਣ ਵਾਲਾ ਮਨੁੱਖ) ਮਾਇਆ ਦੇ ਪ੍ਰਭਾਵ ਤੋਂ ਸੁਤੰਤ੍ਰ ਹੈ, ਪ੍ਰਭੂ ਦੀ ਯਾਦ ਵਿਚ ਮਸਤ ਰਹਿੰਦਾ ਹੈ, ਪ੍ਰੇਮ ਵਿਚ ਟਿਕ ਕੇ ਸਿਮਰਨ ਕਰਦਾ ਹੈ; ਰਾਜਿਆਂ ਦੇ ਰਾਜੇ ਪ੍ਰਭੂ ਵਿਚ (ਜੁੜਿਆ ਰਹਿ ਕੇ) ਸਦਾ ਪ੍ਰਸੰਨ-ਚਿੱਤ ਰਹਿੰਦਾ ਹੈ ।

(ਪਰ ਹੇ ਪ੍ਰਭੂ ! ਇਹ ਤੇਰੀ ਹੀ ਮੇਹਰ ਹੈ) ਤੂੰ ਮੇਹਰ ਕਰ ਕੇ ਜਿਸ ਨੂੰ (ਮਾਇਆ ਦੇ ਅਸਰ ਤੋਂ) ਬਚਾ ਲੈਂਦਾ ਹੈਂ (ਉਹ ਬਚ ਜਾਂਦਾ ਹੈ), ਤੂੰ ਆਪਣੇ ਨਾਮ ਦੀ ਬੇੜੀ ਵਿਚ (ਬੜੇ ਬੜੇ) ਪੱਥਰ (-ਦਿਲਾਂ) ਨੂੰ ਤਾਰ ਲੈਂਦਾ ਹੈਂ ।੩।

(ਜੋ ਮਨੁੱਖ ਸਤਸੰਗ ਵਿਚ ਟਿਕਿਆ ਉਸ ਨੇ) ਤਿੰਨਾਂ ਭਵਨਾਂ ਵਿਚ ਪ੍ਰਭੂ ਦੀ ਜੋਤਿ ਵੇਖ ਲਈ, ਉਸ ਨੇ ਸਾਰੇ ਜਗਤ ਵਿਚ ਵੱਸਦੇ ਨੂੰ ਪਛਾਣ ਲਿਆ, ਉਸ ਦੀ ਸੁਰਤਿ ਮਾਇਆ ਦੇ ਮੋਹ ਵਲੋਂ ਪਰਤ ਪਈ, ਉਸ ਨੇ ਪਰਮਾਤਮਾ ਦਾ ਨਿਵਾਸ-ਥਾਂ ਆਪਣੇ ਹਿਰਦੇ ਵਿਚ ਲਿਆ ਬਣਾਇਆ, ਉਹ ਸੁਰਤਿ ਜੋੜ ਕੇ ਦਿਨ ਰਾਤ ਭਗਤੀ ਕਰਦਾ ਹੈ ।

ਨਾਨਕ ਅਜੇਹੇ (ਵਡਭਾਗੀ ਸੰਤ) ਜਨਾਂ ਦੀ ਚਰਨੀਂ ਲਗਦਾ ਹੈ ।੪।੧੨।

ਆਸਾ ਮਹਲਾ ੧ ॥ ਗੁਰਮਤਿ ਸਾਚੀ ਹੁਜਤਿ ਦੂਰਿ ॥ ਬਹੁਤੁ ਸਿਆਣਪ ਲਾਗੈ ਧੂਰਿ ॥ ਲਾਗੀ ਮੈਲੁ ਮਿਟੈ ਸਚ ਨਾਇ ॥ ਗੁਰ ਪਰਸਾਦਿ ਰਹੈ ਲਿਵ ਲਾਇ ॥੧॥ ਹੈ ਹਜੂਰਿ ਹਾਜਰੁ ਅਰਦਾਸਿ ॥ ਦੁਖੁ ਸੁਖੁ ਸਾਚੁ ਕਰਤੇ ਪ੍ਰਭ ਪਾਸਿ ॥੧॥ ਰਹਾਉ ॥ ਕੂੜੁ ਕਮਾਵੈ ਆਵੈ ਜਾਵੈ ॥ ਕਹਣਿ ਕਥਨਿ ਵਾਰਾ ਨਹੀ ਆਵੈ ॥ ਕਿਆ ਦੇਖਾ ਸੂਝ ਬੂਝ ਨ ਪਾਵੈ ॥ ਬਿਨੁ ਨਾਵੈ ਮਨਿ ਤ੍ਰਿਪਤਿ ਨ ਆਵੈ ॥੨॥ ਜੋ ਜਨਮੇ ਸੇ ਰੋਗਿ ਵਿਆਪੇ ॥ ਹਉਮੈ ਮਾਇਆ ਦੂਖਿ ਸੰਤਾਪੇ ॥ ਸੇ ਜਨ ਬਾਚੇ ਜੋ ਪ੍ਰਭਿ ਰਾਖੇ ॥ ਸਤਿਗੁਰੁ ਸੇਵਿ ਅੰਮ੍ਰਿਤ ਰਸੁ ਚਾਖੇ ॥੩॥ ਚਲਤਉ ਮਨੁ ਰਾਖੈ ਅੰਮ੍ਰਿਤੁ ਚਾਖੈ ॥ ਸਤਿਗੁਰ ਸੇਵਿ ਅੰਮ੍ਰਿਤ ਸਬਦੁ ਭਾਖੈ ॥ ਸਾਚੈ ਸਬਦਿ ਮੁਕਤਿ ਗਤਿ ਪਾਏ ॥ ਨਾਨਕ ਵਿਚਹੁ ਆਪੁ ਗਵਾਏ ॥੪॥੧੩॥ {ਪੰਨਾ 352}

ਪਦਅਰਥ:- ਹੁਜਤਿ—ਦਲੀਲ-ਬਾਜ਼ੀ, ਅਸਰਧਾ । ਧੂਰਿ—ਮੈਲ । ਨਾਇ—ਨਾਮ ਦੀ ਰਾਹੀਂ । ਗੁਰ ਪਰਸਾਦਿ—ਗੁਰੂ ਦੀ ਕਿਰਪਾ ਨਾਲ ।੧।

ਹਜੂਰਿ—ਅੰਗ ਸੰਗ । ਹਾਜਰੁ—ਹਾਜ਼ਰ ਹੋ ਕੇ, ਇਕ-ਮਨ ਹੋ ਕੇ । ਸਾਚੁ—ਇਹ ਯਕੀਨ ਜਾਣੋ । ਪ੍ਰਭ ਪਾਸਿ—ਪ੍ਰਭੂ ਦੇ ਕੋਲ, ਪ੍ਰਭੂ ਜਾਣਦਾ ਹੈ ।੧।ਰਹਾਉ।

ਕੂੜੁ—ਹੁੱਜਤ ਆਦਿਕ ਵਿਅਰਥ ਕੰਮ । ਵਾਰਾ—ਅੰਤ । ਕਹਣਿ ਕਥਨਿ—ਕਹਣ ਵਿਚ ਕਥਨ ਵਿਚ, ਵਿਅਰਥ ਗੱਲਾਂ ਵਿਚ । ਕਿਆ ਦੇਖਾ—ਉਸ ਨੇ ਵੇਖਿਆ ਕੁਝ ਨਹੀਂ । ਮਨਿ—ਮਨ ਵਿਚ । ਤ੍ਰਿਪਤਿ—ਸ਼ਾਂਤੀ ।੨।

ਰੋਗਿ—ਰੋਗ ਵਿਚ । ਵਿਆਪੇ—ਗ੍ਰਸੇ ਹੋਏ । ਹਉਮੈ—ਮੈਂ ਮੈਂ, ਅਹੰਕਾਰ, ਵਡੱਪਣ ਦੀ ਲਾਲਸਾ । ਬਾਚੇ—ਬਚੇ । ਪ੍ਰਭਿ—ਪ੍ਰਭੂ ਨੇ ।੩।

ਚਲਤਉ—ਚੰਚਲ । ਸੇਵਿ—ਸੇਵ ਕੇ, ਹੁਕਮ ਵਿਚ ਤੁਰ ਕੇ । ਭਾਖੈ—ਉਚਾਰਦਾ ਹੈ । ਸਬਦਿ—ਸ਼ਬਦ ਦੀ ਰਾਹੀਂ । ਵਿਚਹੁ—ਆਪਣੇ ਅੰਦਰੋਂ । ਆਪੁ—ਆਪਾ-ਭਾਵ, ਸੁਆਰਥ ।੪।

ਅਰਥ:- (ਹੇ ਭਾਈ!) ਪਰਮਾਤਮਾ ਹਰ ਵੇਲੇ ਸਾਡੇ ਅੰਗ-ਸੰਗ ਹੈ, ਇਕ-ਮਨ ਹੋ ਕੇ ਉਸ ਦੇ ਅੱਗੇ ਅਰਦਾਸ ਕਰੋ । ਇਹ ਯਕੀਨ ਜਾਣੋ ਕਿ ਹਰੇਕ ਜੀਵ ਦਾ ਦੁੱਖ-ਸੁਖ ਉਹ ਕਰਤਾਰ ਪ੍ਰਭੂ ਜਾਣਦਾ ਹੈ ।੧।ਰਹਾਉ।

ਜੋ ਮਨੁੱਖ ਗੁਰੂ ਦੀ (ਇਸ) ਮਤਿ ਨੂੰ ਦ੍ਰਿੜ ਕਰ ਕੇ ਧਾਰਦਾ ਹੈ, (ਪਰਮਾਤਮਾ ਦੀ ਅੰਗ-ਸੰਗਤਾ ਬਾਰੇ) ਉਸ ਮਨੁੱਖ ਦੀ ਅਸਰਧਾ ਦੂਰ ਹੋ ਜਾਂਦੀ ਹੈ । (ਗੁਰੂ ਦੀ ਮਤਿ ਉਤੇ ਸਰਧਾ ਦੇ ਥਾਂ) ਮਨੁੱਖ ਦੀਆਂ ਆਪਣੀਆਂ ਬਹੁਤੀਆਂ ਚਤੁਰਾਈਆਂ ਨਾਲ ਮਨ ਵਿਚ (ਵਿਕਾਰਾਂ ਦੀ) ਮੈਲ ਇਕੱਠੀ ਹੁੰਦੀ ਹੈ । ਇਹ ਇਕੱਠੀ ਹੋਈ ਮੈਲ ਸਦਾ-ਥਿਰ ਪ੍ਰਭੂ ਦੇ ਨਾਮ ਦੀ ਰਾਹੀਂ ਹੀ ਮਿਟ ਸਕਦੀ ਹੈ, ਤੇ, ਗੁਰੂ ਦੀ ਕਿਰਪਾ ਨਾਲ ਹੀ ਮਨੁੱਖ (ਪਰਮਾਤਮਾ ਦੇ ਚਰਨਾਂ ਵਿਚ) ਸੁਰਤਿ ਟਿਕਾ ਕੇ ਰੱਖ ਸਕਦਾ ਹੈ ।੧।

ਜੋ ਮਨੁੱਖ (ਅਸਰਧਾ-ਭਰੀਆਂ ਚਤੁਰਾਈਆਂ ਦੀ) ਵਿਅਰਥ ਕਮਾਈ ਕਰਦਾ ਹੈ ਉਹ ਜਨਮ-ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ, ਉਸ ਦੀਆਂ ਇਹ ਵਿਅਰਥ ਗੱਲਾਂ ਕਦੇ ਮੁੱਕਦੀਆਂ ਹੀ ਨਹੀਂ । (ਅਗਿਆਨੀ ਅੰਨ੍ਹੇ ਨੇ ਹੁੱਦਤਾਂ ਵਿਚ ਹੀ ਰਹਿ ਕੇ) ਅਸਲੀਅਤ ਵੇਖੀ ਨਹੀਂ, ਇਸ ਵਾਸਤੇ ਉਸ ਨੂੰ ਕੋਈ ਸਮਝ ਨਹੀਂ ਆਉਂਦੀ, ਤੇ, ਪਰਮਾਤਮਾ ਦੇ ਨਾਮ ਤੋਂ ਬਿਨਾ ਉਸ ਦੇ ਮਨ ਵਿਚ ਸ਼ਾਂਤੀ ਨਹੀਂ ਆਉਂਦੀ ।੨।

ਜੋ ਭੀ ਜੀਵ ਜਗਤ ਵਿਚ ਜਨਮ ਲੈਂਦੇ ਹਨ (ਪਰਮਾਤਮਾ ਦੀ ਹਸਤੀ ਵਲੋਂ ਅਸਰਧਾ ਦੇ ਕਾਰਨ) ਆਤਮਕ ਰੋਗ ਵਿਚ ਦਬੇ ਰਹਿੰਦੇ ਹਨ, ਤੇ, ਹਉਮੈ ਦੇ ਦੁੱਖ ਵਿਚ, ਮਾਇਆ ਦੇ ਮੋਹ ਦੇ ਦੁੱਖ ਵਿਚ ਉਹ ਕਲੇਸ਼ ਪਾਂਦੇ ਰਹਿੰਦੇ ਹਨ । ਇਸ ਰੋਗ ਤੋਂ ਇਸ ਦੁੱਖ ਤੋਂ ਉਹੀ ਮਨੁੱਖ ਬਚਦੇ ਹਨ, ਜਿਨ੍ਹਾਂ ਦੀ ਪ੍ਰਭੂ ਨੇ ਆਪ ਰਾਖੀ ਕੀਤੀ; ਜਿਨ੍ਹਾਂ ਨੇ ਗੁਰੂ ਦੇ ਦੱਸੇ ਰਸਤੇ ਉਤੇ ਤੁਰ ਕੇ ਪ੍ਰਭੂ ਦਾ ਅੰਮ੍ਰਿਤ-ਨਾਮ ਚੱਖਿਆ ।੩।

ਜੋ ਮਨੁੱਖ ਪਰਮਾਤਮਾ ਦਾ ਸਦਾ-ਥਿਰ ਰਹਿਣ ਵਾਲਾ ਨਾਮ-ਰਸ ਚੱਖਦਾ ਹੈ, ਤੇ ਚੰਚਲ ਮਨ ਨੂੰ ਕਾਬੂ ਵਿਚ ਰੱਖਦਾ ਹੈ, ਜੋ ਮਨੁੱਖ ਗੁਰੂ ਦੀ ਸਿੱਖਿਆ ਉਤੇ ਤੁਰ ਕੇ ਅਟੱਲ ਆਤਮਕ ਜੀਵਨ ਦੇਣ ਵਾਲੀ ਸਿਫ਼ਤਿ-ਸਾਲਾਹ ਦੀ ਬਾਣੀ ਉਚਾਰਦਾ ਹੈ, ਉਹ ਮਨੁੱਖ ਇਸ ਸੱਚੀ ਬਾਣੀ ਦੀ ਰਾਹੀਂ ਵਿਕਾਰਾਂ ਤੋਂ ਖ਼ਲਾਸੀ ਹਾਸਲ ਕਰ ਲੈਂਦਾ ਹੈ, ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲੈਂਦਾ ਹੈ, ਤੇ, ਹੇ ਨਾਨਕ! ਉਹ ਆਪਣੇ ਅੰਦਰੋਂ (ਆਪਣੀ ਸਿਆਣਪ ਦਾ) ਅਹੰਕਾਰ ਦੂਰ ਕਰ ਲੈਂਦਾ ਹੈ ।੪।੧੩।

ਆਸਾ ਮਹਲਾ ੧ ॥ ਜੋ ਤਿਨਿ ਕੀਆ ਸੋ ਸਚੁ ਥੀਆ ॥ ਅੰਮ੍ਰਿਤ ਨਾਮੁ ਸਤਿਗੁਰਿ ਦੀਆ ॥ ਹਿਰਦੈ ਨਾਮੁ ਨਾਹੀ ਮਨਿ ਭੰਗੁ ॥ ਅਨਦਿਨੁ ਨਾਲਿ ਪਿਆਰੇ ਸੰਗੁ ॥੧॥ ਹਰਿ ਜੀਉ ਰਾਖਹੁ ਅਪਨੀ ਸਰਣਾਈ ॥ ਗੁਰ ਪਰਸਾਦੀ ਹਰਿ ਰਸੁ ਪਾਇਆ ਨਾਮੁ ਪਦਾਰਥੁ ਨਉ ਨਿਧਿ ਪਾਈ ॥੧॥ ਰਹਾਉ ॥ ਕਰਮ ਧਰਮ ਸਚੁ ਸਾਚਾ ਨਾਉ ॥ ਤਾ ਕੈ ਸਦ ਬਲਿਹਾਰੈ ਜਾਉ ॥ ਜੋ ਹਰਿ ਰਾਤੇ ਸੇ ਜਨ ਪਰਵਾਣੁ ॥ ਤਿਨ ਕੀ ਸੰਗਤਿ ਪਰਮ ਨਿਧਾਨੁ ॥੨॥ ਹਰਿ ਵਰੁ ਜਿਨਿ ਪਾਇਆ ਧਨ ਨਾਰੀ ॥ ਹਰਿ ਸਿਉ ਰਾਤੀ ਸਬਦੁ ਵੀਚਾਰੀ ॥ ਆਪਿ ਤਰੈ ਸੰਗਤਿ ਕੁਲ ਤਾਰੈ ॥ ਸਤਿਗੁਰੁ ਸੇਵਿ ਤਤੁ ਵੀਚਾਰੈ ॥੩॥ ਹਮਰੀ ਜਾਤਿ ਪਤਿ ਸਚੁ ਨਾਉ ॥ ਕਰਮ ਧਰਮ ਸੰਜਮੁ ਸਤ ਭਾਉ ॥ ਨਾਨਕ ਬਖਸੇ ਪੂਛ ਨ ਹੋਇ ॥ ਦੂਜਾ ਮੇਟੇ ਏਕੋ ਸੋਇ ॥੪॥੧੪॥ {ਪੰਨਾ 352-353}

ਪਦਅਰਥ:- ਜੋ—ਜਿਸ ਜੀਵ ਨੂੰ । ਤਿਨਿ—ਉਸ (ਪਰਮਾਤਮਾ) ਨੇ । ਕੀਆ—ਆਪਣਾ ਬਣਾ ਲਿਆ । ਸਚੁ—ਸਦਾ-ਥਿਰ ਪ੍ਰਭੂ (ਦਾ ਰੂਪ) । ਸਤਿਗੁਰਿ—ਸਤਿਗੁਰੂ ਨੇ । ਅੰਮ੍ਰਿਤ—ਅਟੱਲ ਆਤਮਕ ਜੀਵਨ ਦੇਣ ਵਾਲਾ । ਮਨਿ—ਮਨ ਵਿਚ । ਭੰਗੁ—ਤੋਟ, ਪਰਮਾਤਮਾ ਦੇ ਨਾਮ ਨਾਲੋਂ ਵਿਛੋੜਾ । ਅਨਦਿਨੁ—ਹਰ ਰੋਜ਼ ।੧।

ਰਾਖਹੁ—ਰੱਖਦੇ ਹੋ । ਨਉ ਨਿਧਿ—ਨੌ ਖ਼ਜ਼ਾਨੇ ।੧।ਰਹਾਉ।

ਕਰਮ—ਜੱਗ ਆਦਿਕ ਕਰਮ । ਧਰਮ—ਵਰਨਾਸ਼੍ਰਮ ਦੇ ਨੀਯਤ ਕੀਤੇ ਫ਼ਰਜ਼ । ਸਚੁ—ਸਦਾ-ਥਿਰ ਪ੍ਰਭੂ (ਦਾ ਸਿਮਰਨ) । ਪਰਮ—ਸਭ ਤੋਂ ਉੱਚਾ । ਨਿਧਾਨੁ—ਖ਼ਜ਼ਾਨਾ ।੨।

ਵਰੁ—ਪਤੀ, ਖਸਮ । ਜਿਨਿ—ਜਿਸ ਨੇ । ਧਨ—ਭਾਗਾਂ ਵਾਲੀ । ਰਾਤੀ—ਰੱਤੀ ਹੋਈ । ਤਤੁ—ਸਾਰ ਵਸਤ, ਮਨੁੱਖਾ ਜਨਮ ਦਾ ਅਸਲ ਲਾਭ ।੩।

ਸਤ ਭਾਉ—ਸੱਚਾ ਪਿਆਰ । ਦੂਜਾ—ਪਰਮਾਤਮਾ ਤੋਂ ਬਿਨਾ ਕਿਸੇ ਹੋਰ ਦਾ ਪਿਆਰ ।੪।

ਅਰਥ:- ਜਿਸ ਜੀਵ ਨੂੰ ਉਸ ਪਰਮਾਤਮਾ ਨੇ ਆਪਣਾ ਬਣਾ ਲਿਆ, ਉਹ ਉਸ ਸਦਾ-ਥਿਰ ਪ੍ਰਭੂ ਦਾ ਰੂਪ ਹੀ ਬਣ ਗਿਆ । ਉਸ ਨੂੰ ਸਤਿਗੁਰੂ ਨੇ ਅਟੱਲ ਆਤਮਕ ਜੀਵਨ ਦੇਣ ਵਾਲਾ ਹਰੀ-ਨਾਮ ਦੇ ਦਿੱਤਾ । ਉਸ ਜੀਵ ਦੇ ਹਿਰਦੇ ਵਿਚ (ਸਦਾ ਪ੍ਰਭੂ ਦਾ) ਨਾਮ ਵੱਸਦਾ ਹੈ, ਉਸ ਦੇ ਮਨ ਵਿਚ ਪ੍ਰਭੂ-ਚਰਨਾਂ ਨਾਲੋਂ ਕਦੇ ਵਿਛੋੜਾ ਨਹੀਂ ਹੁੰਦਾ, ਹਰ ਰੋਜ਼ (ਹਰ ਵੇਲੇ) ਪਿਆਰੇ ਪ੍ਰਭੂ ਨਾਲ ਉਸ ਦਾ ਸਾਥ ਬਣਿਆ ਰਹਿੰਦਾ ਹੈ ।੧।

ਹੇ ਪ੍ਰਭੂ ਜੀ! ਜਿਸ ਮਨੁੱਖ ਨੂੰ ਤੂੰ ਆਪਣੀ ਸਰਨ ਵਿਚ ਰੱਖਦਾ ਹੈਂ, ਗੁਰੂ ਦੀ ਕਿਰਪਾ ਨਾਲ ਉਹ ਤੇਰੇ ਨਾਮ ਦਾ ਸੁਆਦ ਚੱਖ ਲੈਂਦਾ ਹੈ; ਉਸ ਨੂੰ ਤੇਰਾ ਉੱਤਮ ਨਾਮ ਮਿਲ ਜਾਂਦਾ ਹੈ (ਜੋ ਉਸ ਦੇ ਵਾਸਤੇ, ਮਾਨੋ) ਨੌ ਖ਼ਜ਼ਾਨੇ ਹਨ (ਭਾਵ, ਧਰਤੀ ਦਾ ਸਾਰਾ ਹੀ ਧਨ-ਪਦਾਰਥ ਨਾਮ ਦੇ ਟਾਕਰੇ ਤੇ ਉਸ ਨੂੰ ਤੁੱਛ ਜਾਪਦਾ ਹੈ) ।੧।ਰਹਾਉ।

ਮੈਂ ਉਸ ਮਨੁੱਖ ਤੋਂ ਸਦਕੇ ਜਾਂਦਾ ਹਾਂ ਜੋ ਪ੍ਰਭੂ ਦੇ ਸਦਾ-ਥਿਰ ਨਾਮ ਨੂੰ ਹੀ ਸਭ ਤੋਂ ਸ੍ਰੇਸ਼ਟ ਕਰਮ ਤੇ ਧਾਰਮਿਕ ਫ਼ਰਜ਼ ਸਮਝਦਾ ਹੈ । ਪ੍ਰਭੂ ਦੀ ਹਜ਼ੂਰੀ ਵਿਚ ਉਹੀ ਮਨੁੱਖ ਕਬੂਲ ਹਨ ਜੋ ਪ੍ਰਭੂ ਦੇ ਪਿਆਰ ਵਿਚ ਰੰਗੇ ਰਹਿੰਦੇ ਹਨ, ਉਹਨਾਂ ਦੀ ਸੰਗਤਿ ਕੀਤਿਆਂ ਸਭ ਤੋਂ ਕੀਮਤੀ (ਨਾਮ) ਖ਼ਜ਼ਾਨਾ ਮਿਲਦਾ ਹੈ ।੨।

ਉਹ ਜੀਵ-ਇਸਤ੍ਰੀ ਭਾਗਾਂ ਵਾਲੀ ਹੈ ਜਿਸ ਨੇ ਪ੍ਰਭੂ-ਪਤੀ (ਆਪਣੇ ਹਿਰਦੇ ਵਿਚ) ਲੱਭ ਲਿਆ ਹੈ, ਜੋ ਪ੍ਰਭੂ ਦੇ ਪਿਆਰ ਵਿਚ ਰੰਗੀ ਰਹਿੰਦੀ ਹੈ, ਜੋ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਨੂੰ (ਆਪਣੇ ਮਨ ਵਿਚ) ਵਿਚਾਰਦੀ ਹੈ । ਉਹ ਜੀਵ-ਇਸਤ੍ਰੀ ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੀ ਹੈ, ਅਤੇ ਆਪਣੀ ਸੰਗਤ ਵਿਚ ਆਪਣੀ ਕੁਲ ਨੂੰ ਤਾਰ ਲੈਂਦੀ ਹੈ, ਸਤਿਗੁਰੂ ਦੇ ਦੱਸੇ ਰਾਹ ਉਤੇ ਤੁਰ ਕੇ ਮਨੁੱਖਾ ਜਨਮ ਦਾ ਅਸਲ ਲਾਭ ਉਹ ਆਪਣੀਆਂ ਅੱਖਾਂ ਦੇ ਸਾਹਮਣੇ ਰੱਖਦੀ ਹੈ ।੩।

(ਦੁਨੀਆ ਵਿਚ ਕਿਸੇ ਨੂੰ ਉੱਚੀ ਜਾਤਿ ਦਾ ਮਾਣ ਹੈ ਕਿਸੇ ਨੂੰ ਉੱਚੀ ਕੁਲ ਦਾ ਧਰਵਾਸ ਹੈ । ਹੇ ਪ੍ਰਭੂ! ਮੇਹਰ ਕਰ) ਤੇਰਾ ਸਦਾ-ਥਿਰ ਰਹਿਣ ਵਾਲਾ ਨਾਮ ਹੀ ਮੇਰੇ ਵਾਸਤੇ ਉੱਚੀ ਜਾਤਿ ਤੇ ਕੁਲ ਹੋਵੇ, ਤੇਰਾ ਸੱਚਾ ਪਿਆਰ ਹੀ ਮੇਰੇ ਲਈ ਧਾਰਮਿਕ ਕਰਮ, ਧਰਮ ਤੇ ਜੀਵਨ-ਜੁਗਤਿ ਹੋਵੇ ।

ਹੇ ਨਾਨਕ! ਜਿਸ ਮਨੁੱਖ ਉੱਤੇ ਪ੍ਰਭੂ ਆਪਣੇ ਨਾਮ ਦੀ ਬਖ਼ਸ਼ਸ਼ ਕਰਦਾ ਹੈ (ਉਸ ਦਾ ਜਨਮਾਂ ਜਨਮਾਂਤਰਾਂ ਦਾ ਕਰਮਾਂ ਦਾ ਲੇਖਾ ਨਿਬੜ ਜਾਂਦਾ ਹੈ) ਉਸ ਪਾਸੋਂ (ਫਿਰ) ਕੀਤੇ ਕਰਮਾਂ ਦਾ ਲੇਖਾ ਨਹੀਂ ਪੁੱਛਿਆ ਜਾਂਦਾ, ਉਸ ਨੂੰ (ਹਰ ਪਾਸੇ) ਇਕ ਪ੍ਰਭੂ ਹੀ ਦਿੱਸਦਾ ਹੈ, ਪ੍ਰਭੂ ਤੋਂ ਬਿਨਾ ਕਿਸੇ ਹੋਰ ਦੀ ਹੋਂਦ ਦਾ ਖ਼ਿਆਲ ਹੀ ਉਸ ਦੇ ਅੰਦਰੋਂ ਮਿਟ ਜਾਂਦਾ ਹੈ ।੪।੧੪।

ਆਸਾ ਮਹਲਾ ੧ ॥ ਇਕਿ ਆਵਹਿ ਇਕਿ ਜਾਵਹਿ ਆਈ ॥ ਇਕਿ ਹਰਿ ਰਾਤੇ ਰਹਹਿ ਸਮਾਈ ॥ ਇਕਿ ਧਰਨਿ ਗਗਨ ਮਹਿ ਠਉਰ ਨ ਪਾਵਹਿ ॥ ਸੇ ਕਰਮਹੀਣ ਹਰਿ ਨਾਮੁ ਨ ਧਿਆਵਹਿ ॥੧॥ ਗੁਰ ਪੂਰੇ ਤੇ ਗਤਿ ਮਿਤਿ ਪਾਈ ॥ ਇਹੁ ਸੰਸਾਰੁ ਬਿਖੁ ਵਤ ਅਤਿ ਭਉਜਲੁ ਗੁਰ ਸਬਦੀ ਹਰਿ ਪਾਰਿ ਲੰਘਾਈ ॥੧॥ ਰਹਾਉ ॥ ਜਿਨ੍ ਕਉ ਆਪਿ ਲਏ ਪ੍ਰਭੁ ਮੇਲਿ ॥ ਤਿਨ ਕਉ ਕਾਲੁ ਨ ਸਾਕੈ ਪੇਲਿ ॥ ਗੁਰਮੁਖਿ ਨਿਰਮਲ ਰਹਹਿ ਪਿਆਰੇ ॥ ਜਿਉ ਜਲ ਅੰਭ ਊਪਰਿ ਕਮਲ ਨਿਰਾਰੇ ॥੨॥ ਬੁਰਾ ਭਲਾ ਕਹੁ ਕਿਸ ਨੋ ਕਹੀਐ ॥ ਦੀਸੈ ਬ੍ਰਹਮੁ ਗੁਰਮੁਖਿ ਸਚੁ ਲਹੀਐ ॥ ਅਕਥੁ ਕਥਉ ਗੁਰਮਤਿ ਵੀਚਾਰੁ ॥ ਮਿਲਿ ਗੁਰ ਸੰਗਤਿ ਪਾਵਉ ਪਾਰੁ ॥੩॥ ਸਾਸਤ ਬੇਦ ਸਿੰਮ੍ਰਿਤਿ ਬਹੁ ਭੇਦ ॥ ਅਠਸਠਿ ਮਜਨੁ ਹਰਿ ਰਸੁ ਰੇਦ ॥ ਗੁਰਮੁਖਿ ਨਿਰਮਲੁ ਮੈਲੁ ਨ ਲਾਗੈ ॥ ਨਾਨਕ ਹਿਰਦੈ ਨਾਮੁ ਵਡੇ ਧੁਰਿ ਭਾਗੈ ॥੪॥੧੫॥ {ਪੰਨਾ 353}

ਪਦਅਰਥ:- ਇਕਿ—{ਪੜਨਾਂਵ 'ਇਕ' ਤੋਂ ਬਹੁ-ਵਚਨ} ਕਈ, ਅਨੇਕਾਂ ਜੀਵ । ਆਵਹਿ—ਜਗਤ ਵਿਚ ਜਨਮ ਲੈਂਦੇ ਹਨ । ਆਈ—ਆ ਕੇ, ਜਨਮ ਲੈ ਕੇ । ਜਾਵਹਿ—(ਖ਼ਾਲੀ ਹੀ) ਚਲੇ ਜਾਂਦੇ ਹਨ । ਰਹਹਿ ਸਮਾਈ—(ਪ੍ਰਭੂ-ਚਰਨਾਂ ਵਿਚ) ਲੀਨ ਰਹਿੰਦੇ ਹਨ । ਧਰਨਿ—ਧਰਤੀ । ਗਗਨ—ਆਕਾਸ਼ । ਮਹਿ—ਵਿਚ । ਠਉਰ—ਥਾਂ, ਮਨ ਦੇ ਟਿਕਣ ਲਈ ਥਾਂ । ਕਰਮਹੀਣ—ਨਿਭਾਗੇ ।੧।

ਗਤਿ—ਉੱਚੀ ਆਤਮਕ ਅਵਸਥਾ । ਮਿਤਿ—ਮਰਯਾਦਾ । ਬਿਖੁ—ਵਿਹੁ, ਜ਼ਹਰ । ਬਿਖੁ ਵਤ—ਵਿਹੁਲਾ । ਅਤਿ—ਬਹੁਤ । ਭਉਜਲੁ—ਘੁੰਮਣ ਘੇਰੀ ।੧।ਰਹਾਉ।

ਪੇਲਿ ਨ ਸਾਕੈ—ਪੀੜ ਨਹੀਂ ਸਕਦਾ, ਡੇਗ ਨਹੀਂ ਸਕਦਾ । ਕਾਲੁ—ਮੌਤ (ਦਾ ਡਰ) । ਨਿਰਮਲ—ਪਵਿਤ੍ਰ-ਆਤਮਾ । ਅੰਭ—ਪਾਣੀ । ਨਿਰਾਰੇ—ਨਿਰਲੇਪ ।੨।

ਕਹੁ—ਦੱਸੋ । ਸਚੁ—ਸਦਾ-ਥਿਰ ਰਹਿਣ ਵਾਲਾ ਹਰੀ । ਕਥਉ—ਮੈਂ ਕਥਦਾ ਹਾਂ । ਪਾਵਉ—ਮੈਂ ਲੱਭਦਾ ਹਾਂ । ਪਾਰੁ—ਪਾਰਲਾ ਬੰਨਾ {ਲਫ਼ਜ਼ 'ਪਾਰਿ' ਅਤੇ 'ਪਾਰੁ' ਦਾ ਫ਼ਰਕ ਚੇਤੇ ਰੱਖੋ । "ਹਰਿ ਪਾਰਿ ਲੰਘਾਈ" ਵਿਚ ਲਫ਼ਜ਼ 'ਪਾਰਿ' ਕ੍ਰਿਆ ਵਿਸ਼ੇਸ਼ਣ ਹੈ, ਇਸ ਦਾ ਅਰਥ ਹੈ 'ਪਾਰਲੇ ਪਾਸੇ' । 'ਪਾਵਉ ਪਾਰੁ' ਵਿਚ 'ਪਾਰੁ' ਨਾਂਵ ਹੈ, ਅਰਥ ਹੈ 'ਪਾਰਲਾ ਬੰਨਾ'} ।੩।

ਸਾਸਤ—ਛੇ ਸ਼ਾਸਤ੍ਰ {ਵੇਦਾਂਤ, ਨਿਆਇ, ਯੋਗ, ਸਾਂਖ, ਮੀਮਾਂਸਾ, ਵੈਸ਼ੇਸ਼ਿਕ} । ਭੇਦ—ਵਖ ਵਖ ਵਿਚਾਰ । ਅਠਸਠਿ—ਅਠਾਹਠ । ਮਜਨੁ—ਚੁੱਭੀ, ਇਸ਼ਨਾਨ । ਰੇਦ—ਰਿਦੇ ਵਿਚ, ਹਿਰਦੇ ਵਿਚ । ਧੁਰਿ—ਧੁਰ ਤੋਂ, ਪ੍ਰਭੂ ਦੀ ਮੇਹਰ ਨਾਲ ।੪।

ਅਰਥ:- ਉੱਚੇ ਆਤਮਕ ਜੀਵਨ ਦੀ ਮਰਯਾਦਾ ਪੂਰੇ ਗੁਰੂ ਤੋਂ ਹੀ ਮਿਲਦੀ ਹੈ । ਇਹ ਸੰਸਾਰ ਇਕ ਬਹਤ ਵਿਹੁਲੀ ਘੁੰਮਣਘੇਰੀ ਹੈ, ਪਰਮਾਤਮਾ ਗੁਰੂ ਦੇ ਸ਼ਬਦ ਵਿਚ ਜੋੜ ਕੇ (ਤੇ ਉੱਚਾ ਆਤਮਕ ਜੀਵਨ ਬਖ਼ਸ਼ ਕੇ) ਇਸ ਵਿਚੋਂ ਪਾਰ ਲੰਘਾਂਦਾ ਹੈ ।੧।ਰਹਾਉ।

ਅਨੇਕਾਂ ਜੀਵ ਜਗਤ ਵਿਚ ਜਨਮ ਲੈਂਦੇ ਹਨ ਤੇ (ਉੱਚੀ ਆਤਮਕ ਅਵਸਥਾ ਦੀ ਪ੍ਰਾਪਤੀ ਤੋਂ ਬਿਨਾ) ਨਿਰੇ ਜੰਮਦੇ ਹੀ ਹਨ ਤੇ (ਫਿਰ ਇਥੋਂ) ਚਲੇ ਜਾਂਦੇ ਹਨ । ਪਰ ਇਕ (ਸੁਭਾਗੇ ਐਸੇ) ਹਨ ਜੋ ਪ੍ਰਭੂ ਦੇ ਪਿਆਰ ਵਿਚ ਰੰਗੇ ਰਹਿੰਦੇ ਹਨ ਤੇ ਪ੍ਰਭੂ ਦੀ ਯਾਦ ਵਿਚ ਰਹਿੰਦੇ ਹਨ । ਜੇਹੜੇ ਬੰਦੇ ਪ੍ਰਭੂ ਦਾ ਨਾਮ ਨਹੀਂ ਸਿਮਰਦੇ ਹਨ ਉਹ ਅਭਾਗੇ ਹਨ (ਉਹਨਾਂ ਦੇ ਮਨ ਸਦਾ ਭਟਕਦੇ ਰਹਿੰਦੇ ਹਨ) ਸਾਰੀ ਸ੍ਰਿਸ਼ਟੀ ਵਿਚ ਉਹਨਾਂ ਨੂੰ ਕਿਤੇ ਸ਼ਾਂਤੀ ਲਈ ਥਾਂ ਨਹੀਂ ਲੱਭਦੀ ।੧।

ਜਿਨ੍ਹਾਂ ਬੰਦਿਆਂ ਨੂੰ ਪ੍ਰਭੂ ਆਪ ਆਪਣੀ ਯਾਦ ਵਿਚ ਜੋੜਦਾ ਹੈ, ਉਹਨਾਂ ਨੂੰ ਮੌਤ ਦਾ ਡਰ ਢਾਹ ਨਹੀਂ ਸਕਦਾ, ਗੁਰੂ ਦੇ ਸਨਮੁਖ ਰਹਿ ਕੇ (ਮਾਇਆ ਵਿਚ ਵਰਤਦੇ ਹੋਏ ਭੀ) ਉਹ ਪਿਆਰੇ ਇਉਂ ਪਵਿਤ੍ਰ-ਆਤਮਾ ਰਹਿੰਦੇ ਹਨ ਜਿਵੇਂ ਪਾਣੀ ਵਿਚ ਕੌਲ-ਫੁੱਲ ਨਿਰਲੇਪ ਰਹਿੰਦੇ ਹਨ ।੨।

ਪਰ ਨਾਹ ਕਿਸੇ ਨੂੰ ਮਾੜਾ ਤੇ ਨਾਹ ਕਿਸੇ ਨੂੰ ਚੰਗਾ ਕਿਹਾ ਜਾ ਸਕਦਾ ਹੈ ਕਿਉਂਕਿ ਹਰੇਕ ਵਿਚ ਪਰਮਾਤਮਾ ਹੀ ਵੱਸਦਾ ਦਿੱਸਦਾ ਹੈ । ਹਾਂ, ਉਹ ਸਦਾ-ਥਿਰ ਪ੍ਰਭੂ ਲੱਭਦਾ ਹੈ ਗੁਰੂ ਦੇ ਸਨਮੁਖ ਹੋਇਆਂ ਹੀ । ਪਰਮਾਤਮਾ ਦਾ ਸਰੂਪ ਬਿਆਨ ਤੋਂ ਪਰੇ ਹੈ, ਗੁਰੂ ਦੀ ਮਤਿ ਲਿਆਂ ਹੀ ਮੈਂ ਉਸ ਦੇ (ਕੁਝ) ਗੁਣ ਕਹਿ ਸਕਦਾ ਹਾਂ ਤੇ ਵਿਚਾਰ ਸਕਦਾ ਹਾਂ । ਗੁਰੂ ਦੀ ਸੰਗਤਿ ਵਿਚ ਰਹਿ ਕੇ ਹੀ ਮੈਂ (ਇਸ ਵਿਹੁਲੀ ਘੁੰਮਣਘੇਰੀ ਦਾ) ਪਾਰਲਾ ਬੰਨਾ ਲੱਭ ਸਕਦਾ ਹਾਂ ।੩।

(ਹੇ ਭਾਈ!) ਪਰਮਾਤਮਾ ਦੇ ਨਾਮ ਦਾ ਆਨੰਦ ਹਿਰਦੇ ਵਿਚ ਮਾਣੋ—ਇਹੀ ਹੈ ਵੇਦਾਂ ਸ਼ਾਸਤ੍ਰਾਂ ਸਿਮ੍ਰਿਤੀਆਂ ਦੇ ਵਖ ਵਖ ਵਿਚਾਰ ਵਿਚਾਰਨੇ, ਇਹੀ ਹੈ ਅਠਾਹਠ ਤੀਰਥਾਂ ਦਾ ਇਸ਼ਨਾਨ । ਗੁਰੂ ਦੇ ਸਨਮੁਖ ਰਹਿ ਕੇ (ਨਾਮ ਦਾ ਆਨੰਦ ਲਿਆਂ) ਜੀਵਨ ਪਵਿਤ੍ਰ ਰਹਿੰਦਾ ਹੈ ਤੇ ਵਿਕਾਰਾਂ ਦੀ ਮੈਲ ਨਹੀਂ ਲਗਦੀ । ਹੇ ਨਾਨਕ! ਧੁਰੋਂ ਪਰਮਾਤਮਾ ਵਲੋਂ ਹੀ ਮੇਹਰ ਹੋਵੇ ਤਾਂ ਨਾਮ ਹਿਰਦੇ ਵਿਚ ਵੱਸਦਾ ਹੈ ।੪।੧੫।

ਆਸਾ ਮਹਲਾ ੧ ॥ ਨਿਵਿ ਨਿਵਿ ਪਾਇ ਲਗਉ ਗੁਰ ਅਪੁਨੇ ਆਤਮ ਰਾਮੁ ਨਿਹਾਰਿਆ ॥ ਕਰਤ ਬੀਚਾਰੁ ਹਿਰਦੈ ਹਰਿ ਰਵਿਆ ਹਿਰਦੈ ਦੇਖਿ ਬੀਚਾਰਿਆ ॥੧॥ ਬੋਲਹੁ ਰਾਮੁ ਕਰੇ ਨਿਸਤਾਰਾ ॥ ਗੁਰ ਪਰਸਾਦਿ ਰਤਨੁ ਹਰਿ ਲਾਭੈ ਮਿਟੈ ਅਗਿਆਨੁ ਹੋਇ ਉਜੀਆਰਾ ॥੧॥ ਰਹਾਉ ॥ ਰਵਨੀ ਰਵੈ ਬੰਧਨ ਨਹੀ ਤੂਟਹਿ ਵਿਚਿ ਹਉਮੈ ਭਰਮੁ ਨ ਜਾਈ ॥ ਸਤਿਗੁਰੁ ਮਿਲੈ ਤ ਹਉਮੈ ਤੂਟੈ ਤਾ ਕੋ ਲੇਖੈ ਪਾਈ ॥੨॥ ਹਰਿ ਹਰਿ ਨਾਮੁ ਭਗਤਿ ਪ੍ਰਿਅ ਪ੍ਰੀਤਮੁ ਸੁਖ ਸਾਗਰੁ ਉਰ ਧਾਰੇ ॥ ਭਗਤਿ ਵਛਲੁ ਜਗਜੀਵਨੁ ਦਾਤਾ ਮਤਿ ਗੁਰਮਤਿ ਹਰਿ ਨਿਸਤਾਰੇ ॥੩॥ ਮਨ ਸਿਉ ਜੂਝਿ ਮਰੈ ਪ੍ਰਭੁ ਪਾਏ ਮਨਸਾ ਮਨਹਿ ਸਮਾਏ ॥ ਨਾਨਕ ਕ੍ਰਿਪਾ ਕਰੇ ਜਗਜੀਵਨੁ ਸਹਜ ਭਾਇ ਲਿਵ ਲਾਏ ॥੪॥੧੬॥ {ਪੰਨਾ 353}

ਪਦਅਰਥ:- ਨਿਵਿ—ਨਿਵ ਕੇ । ਪਾਇ—ਪੈਰੀਂ । ਲਗਉ—ਮੈਂ ਲੱਗਾਂ । ਆਤਮ ਰਾਮੁ—ਆਪਣੇ ਅੰਦਰ ਵੱਸਦਾ ਰਾਮ । ਨਿਹਾਰਿਆ—ਮੈਂ ਵੇਖਿਆ ਹੈ । ਰਵਿਆ—ਸਿਮਰਿਆ ਹੈ । ਦੇਖਿ—ਵੇਖ ਕੇ ।੧।

ਲਾਭੈ—ਲੱਭਦਾ ਹੈ ।੧।ਰਹਾਉ।

ਰਵਨੀ—ਰਵਾਣੀ, ਜ਼ਬਾਨੀ ਜ਼ਬਾਨੀ । ਰਵੈ—ਜੋ ਬੋਲਦਾ ਹੈ । ਭਰਮੁ—ਭਟਕਣਾ । ਤਾ—ਤਦੋਂ । ਕੋ—ਕੋਈ ਮਨੁੱਖ । ਲੇਖੈ ਪਾਈ—ਕਬੂਲ ਹੁੰਦਾ ਹੈ ।੨।

ਭਗਤਿ ਪ੍ਰਿਅ—ਪਿਆਰੇ ਦੀ ਭਗਤੀ । ਸੁਖ ਸਾਗਰੁ—ਸੁਖਾਂ ਦਾ ਸਮੁੰਦਰ (ਪ੍ਰਭੂ) । ਉਰ ਧਾਰੇ—ਹਿਰਦੇ ਵਿਚ ਟਿਕਾਂਦਾ ਹੈ । ਵਛਲੁ—{vÅs l} ਪਿਆਰ ਕਰਨ ਵਾਲਾ । ਜਗ ਜੀਵਨੁ—ਜਗਤ ਦਾ ਦਾਤਾ (ਪ੍ਰਭੂ) ।੩।

ਜੂਝਿ—ਜੂਝ ਕੇ, ਲੜ ਕੇ, ਤਕੜਾ ਟਾਕਰਾ ਕਰ ਕੇ । ਮਨਸਾ—ਮਨ ਦਾ ਫੁਰਨਾ । ਮਨਹਿ—ਮਨ ਵਿਚ ਹੀ । ਸਮਾਏ—ਲੀਨ ਕਰ ਦੇਵੇ । ਸਹਜ ਭਾਇ—ਸੌਖੇ ਹੀ ।੪।

ਅਰਥ:- (ਹੇ ਭਾਈ!) ਪਰਮਾਤਮਾ ਦਾ ਨਾਮ ਸਿਮਰੋ, ਸਿਮਰਨ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ । ਜਦੋਂ ਗੁਰੂ ਦੀ ਕਿਰਪਾ ਨਾਲ ਕੀਮਤੀ ਹਰੀ-ਨਾਮ ਲੱਭ ਪੈਂਦਾ ਹੈ ਅੰਦਰੋਂ ਅਗਿਆਨਤਾ ਦਾ ਹਨੇਰਾ ਮਿਟ ਜਾਂਦਾ ਹੈ, ਤੇ ਗਿਆਨ ਦਾ ਚਾਨਣ ਹੋ ਜਾਂਦਾ ਹੈ ।੧।ਰਹਾਉ।

ਮੈਂ ਮੁੜ ਮੁੜ ਆਪਣੇ ਗੁਰੂ ਦੇ ਚਰਨੀ ਲਗਦਾ ਹਾਂ, (ਗੁਰੂ ਦੀ ਕਿਰਪਾ ਨਾਲ) ਮੈਂ ਆਪਣੇ ਅੰਦਰ ਵੱਸਦਾ ਹੋਇਆ ਰਾਮ ਵੇਖ ਲਿਆ ਹੈ । (ਗੁਰੂ ਦੀ ਸਹਾਇਤਾ ਨਾਲ) ਪਰਮਾਤਮਾ ਦੇ ਗੁਣਾਂ ਦਾ ਵਿਚਾਰ ਕਰ ਕੇ ਮੈਂ ਉਸ ਨੂੰ ਆਪਣੇ ਹਿਰਦੇ ਵਿਚ ਸਿਮਰ ਰਿਹਾ ਹਾਂ, ਹਿਰਦੇ ਵਿਚ ਮੈਂ ਉਸ ਦਾ ਦੀਦਾਰ ਕਰ ਰਿਹਾ ਹਾਂ, ਉਸ ਦੀਆਂ ਸਿਫ਼ਤਾਂ ਨੂੰ ਵਿਚਾਰ ਰਿਹਾ ਹਾਂ ।੧।

(ਜੇਹੜਾ ਮਨੁੱਖ ਸਿਮਰਨ ਤਾਂ ਨਹੀਂ ਕਰਦਾ, ਪਰ) ਨਿਰੀਆਂ ਜ਼ਬਾਨੀ ਜ਼ਬਾਨੀ (ਬ੍ਰਹਮ-ਗਿਆਨ ਦੀਆਂ) ਗੱਲਾਂ ਕਰਦਾ ਹੈ, ਉਸ ਦੇ (ਮਾਇਆ ਵਾਲੇ) ਬੰਧਨ ਟੁੱਟਦੇ ਨਹੀਂ ਹਨ, ਉਹ ਹਉਮੈ ਵਿਚ ਹੀ ਫਸਿਆ ਰਹਿੰਦਾ ਹੈ (ਭਾਵ, ਮੈਂ ਵੱਡਾ ਬਣ ਜਾਵਾਂ ਮੈਂ ਵੱਡਾ ਬਣ ਜਾਵਾਂ—ਇਸੇ ਘੁੰਮਣਘੇਰੀ ਵਿਚ ਰਹਿੰਦਾ ਹੈ), ਉਸ ਦੇ ਮਨ ਦੀ ਭਟਕਣਾ ਦੂਰ ਨਹੀਂ ਹੁੰਦੀ । ਜਦੋਂ ਪੂਰਾ ਗੁਰੂ ਮਿਲੇ ਤਦੋਂ ਹੀ ਹਉਮੈ ਟੁੱਟਦੀ ਹੈ, ਤਦੋਂ ਹੀ ਮਨੁੱਖ (ਪ੍ਰਭੂ ਦੀ ਹਜ਼ੂਰੀ ਵਿਚ) ਪਰਵਾਨ ਹੁੰਦਾ ਹੈ ।੨।

ਜੇਹੜਾ ਮਨੁੱਖ ਹਰੀ-ਨਾਮ ਸਿਮਰਦਾ ਹੈ, ਪਿਆਰੇ ਦੀ ਭਗਤੀ ਕਰਦਾ ਹੈ, ਸੁਖਾਂ ਦੇ ਸਮੁੰਦਰ ਪ੍ਰੀਤਮ-ਪ੍ਰਭੂ ਨੂੰ

ਆਪਣੇ ਹਿਰਦੇ ਵਿਚ ਵਸਾਂਦਾ ਹੈ, ਉਸ ਮਨੁੱਖ ਨੂੰ ਭਗਤੀ ਨੂੰ ਪਿਆਰ ਕਰਨ ਵਾਲਾ ਪ੍ਰਭੂ ਜਗਤ ਦੀ ਜ਼ਿੰਦਗੀ ਦਾ ਆਸਰਾ ਪ੍ਰਭੂ ਸ੍ਰੇਸ਼ਟ ਮਤਿ ਦੇਣ ਵਾਲਾ ਪ੍ਰਭੂ ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ।੩।

ਜੇਹੜਾ ਜੀਵ ਆਪਣੇ ਮਨ ਨਾਲ ਤਕੜਾ ਟਾਕਰਾ ਕਰ ਕੇ ਹਉਮੈ ਵਲੋਂ ਮਰ ਜਾਂਦਾ ਹੈ (ਭਾਵ, ਹਉਮੈ ਨੂੰ ਮੁਕਾ ਲੈਂਦਾ ਹੈ), ਮਨ ਦੇ ਫੁਰਨੇ ਨੂੰ ਮਨ ਦੇ ਅੰਦਰ ਹੀ (ਪ੍ਰਭੂ ਦੀ ਯਾਦ ਵਿਚ) ਲੀਨ ਕਰ ਦੇਂਦਾ ਹੈ, ਉਹ ਪ੍ਰਭੂ ਨੂੰ ਲੱਭ ਲੈਂਦਾ ਹੈ । ਹੇ ਨਾਨਕ! ਜਗਤ ਦਾ ਜੀਵਨ ਪ੍ਰਭੂ ਜਿਸ ਮਨੁੱਖ ਉਤੇ ਮੇਹਰ ਕਰਦਾ ਹੈ, ਉਹ ਅਡੋਲ-ਚਿੱਤ ਰਹਿ ਕੇ (ਪ੍ਰਭੂ-ਚਰਨਾਂ ਵਿਚ) ਜੁੜਿਆ ਰਹਿੰਦਾ ਹੈ ।੪।੧੬।

ਆਸਾ ਮਹਲਾ ੧ ॥ ਕਿਸ ਕਉ ਕਹਹਿ ਸੁਣਾਵਹਿ ਕਿਸ ਕਉ ਕਿਸੁ ਸਮਝਾਵਹਿ ਸਮਝਿ ਰਹੇ ॥ ਕਿਸੈ ਪੜਾਵਹਿ ਪੜਿ ਗੁਣਿ ਬੂਝੇ ਸਤਿਗੁਰ ਸਬਦਿ ਸੰਤੋਖਿ ਰਹੇ ॥੧॥ ਐਸਾ ਗੁਰਮਤਿ ਰਮਤੁ ਸਰੀਰਾ ॥ ਹਰਿ ਭਜੁ ਮੇਰੇ ਮਨ ਗਹਿਰ ਗੰਭੀਰਾ ॥੧॥ ਰਹਾਉ ॥ ਅਨਤ ਤਰੰਗ ਭਗਤਿ ਹਰਿ ਰੰਗਾ ॥ ਅਨਦਿਨੁ ਸੂਚੇ ਹਰਿ ਗੁਣ ਸੰਗਾ ॥ ਮਿਥਿਆ ਜਨਮੁ ਸਾਕਤ ਸੰਸਾਰਾ ॥ ਰਾਮ ਭਗਤਿ ਜਨੁ ਰਹੈ ਨਿਰਾਰਾ ॥੨॥ ਸੂਚੀ ਕਾਇਆ ਹਰਿ ਗੁਣ ਗਾਇਆ ॥ ਆਤਮੁ ਚੀਨਿ ਰਹੈ ਲਿਵ ਲਾਇਆ ॥ ਆਦਿ ਅਪਾਰੁ ਅਪਰੰਪਰੁ ਹੀਰਾ ॥ ਲਾਲਿ ਰਤਾ ਮੇਰਾ ਮਨੁ ਧੀਰਾ ॥੩॥ ਕਥਨੀ ਕਹਹਿ ਕਹਹਿ ਸੇ ਮੂਏ ॥ ਸੋ ਪ੍ਰਭੁ ਦੂਰਿ ਨਾਹੀ ਪ੍ਰਭੁ ਤੂੰ ਹੈ ॥ ਸਭੁ ਜਗੁ ਦੇਖਿਆ ਮਾਇਆ ਛਾਇਆ ॥ ਨਾਨਕ ਗੁਰਮਤਿ ਨਾਮੁ ਧਿਆਇਆ ॥੪॥੧੭॥ {ਪੰਨਾ 353-354}

ਪਦਅਰਥ:- ਸਮਝਿ ਰਹੇ—ਜੋ ਗਿਆਨਵਾਨ ਹੋ ਗਏ । ਕਿਸੇ ਪੜਾਵਹਿ—ਆਪਣੀ ਵਿੱਦਿਆ ਦਾ ਦਿਖਾਵਾ ਕਿਸੇ ਅੱਗੇ ਨਹੀਂ ਕਰਦੇ । ਗੁਣਿ—ਵਿਚਾਰ ਕੇ । ਸੰਤੋਖਿ—ਸੰਤੋਖ ਵਿਚ । ਰਹੇ—ਰਹਿੰਦੇ ਹਨ; ਜੀਵਨ ਬਿਤੀਤ ਕਰਦੇ ਹਨ ।੧।

ਐਸਾ ਹਰਿ—ਅਜੇਹਾ ਪਰਮਾਤਮਾ । ਰਮਤੁ ਸਰੀਰਾ—ਜੋ ਸਭ ਸਰੀਰਾਂ ਵਿਚ ਵਿਆਪਕ ਹੈ । ਰਮਤੁ—ਵਿਆਪਕ । ਮਨ—ਹੇ ਮਨ! ।੧।ਰਹਾਉ।

ਅਨਤ—ਅਨੰਤ, ਬੇਅੰਤ । ਤਰੰਗ—ਲਹਿਰਾਂ । ਰੰਗੁ—ਪਿਆਰ । ਅਨਦਿਨੁ—ਹਰ ਰੋਜ਼ । ਮਿਥਿਆ—ਵਿਅਰਥ । ਸਾਕਤ—ਪਰਮਾਤਮਾ ਨਾਲੋਂ ਟੁੱਟੇ ਹੋਏ, ਮਾਇਆ-ਵੇੜ੍ਹੇ । ਜਨੁ—ਦਾਸ, ਸੇਵਕ ।੨।

ਸੂਚੀ—ਪਵਿਤ੍ਰ । ਕਾਇਆ—ਸਰੀਰ । ਆਤਮੁ—ਆਪਣੇ ਆਪ ਨੂੰ । ਚੀਨਿ—ਪਛਾਣ ਕੇ । ਮੇਰਾ ਮਨੁ—ਉਹ ਮਨ ਜੋ ਹਰ ਵੇਲੇ 'ਮੇਰਾ, ਮੇਰਾ' ਕਰਦਾ ਮਿਥਦਾ ਰਹਿੰਦਾ ਸੀ ।੩।

ਕਹਹਿ ਕਹਹਿ—ਹਰ ਵੇਲੇ ਕਹਿੰਦੇ ਸਨ । ਛਾਇਆ—ਛਾਂ, ਪਰਛਾਵਾਂ ।੪।

ਅਰਥ:- ਹੇ ਮੇਰੇ ਮਨ! ਗੁਰੂ ਦੀ ਮਤਿ ਤੇ ਤੁਰ ਕੇ ਉਸ ਅਥਾਹ ਤੇ ਵੱਡੇ ਜਿਗਰ ਵਾਲੇ ਹਰੀ ਦਾ ਭਜਨ ਕਰ ਜੋ ਸਾਰੇ ਸਰੀਰਾਂ ਵਿਚ ਵਿਆਪਕ ਹੈ ।੧।ਰਹਾਉ।

('ਗਹਿਰ ਗੰਭੀਰ' ਪ੍ਰਭੂ ਨੂੰ ਸਿਮਰਿਆਂ ਸਿਮਰਨ ਕਰਨ ਵਾਲਾ ਭੀ ਗੰਭੀਰ ਸੁਭਾਵ ਵਾਲਾ ਹੋ ਜਾਂਦਾ ਹੈ, ਉਸ ਦੇ ਅੰਦਰ ਦਿਖਾਵਾ ਤੇ ਹੋਛਾ-ਪਨ ਨਹੀਂ ਰਹਿੰਦਾ), ਜੋ ਮਨੁੱਖ ('ਗਹਿਰ ਗੰਭੀਰ' ਨੂੰ ਸਿਮਰ ਕੇ) ਗਿਆਨਵਾਨ ਹੋ ਜਾਂਦੇ ਹਨ, ਉਹ ਆਪਣਾ-ਆਪ ਨਾਹ ਕਿਸੇ ਨੂੰ ਦੱਸਦੇ ਹਨ ਨਾਹ ਸੁਣਾਂਦੇ ਹਨ ਨਾਹ ਸਮਝਾਂਦੇ ਹਨ । ਜੋ ਮਨੁੱਖ

(‘ਗਹਿਰ ਗੰਭੀਰ’ ਦੀਆਂ ਸਿਫ਼ਤਾਂ) ਪੜ੍ਹ ਕੇ ਵਿਚਾਰ ਕੇ (ਜੀਵਨ-ਭੇਤ ਨੂੰ) ਸਮਝ ਲੈਂਦੇ ਹਨ ਉਹ ਆਪਣੀ ਵਿੱਦਿਆ ਦਾ ਦਿਖਾਵਾ ਨਹੀਂ ਕਰਦੇ, ਗੁਰੂ ਦੇ ਸ਼ਬਦ ਵਿਚ ਜੁੜ ਕੇ (ਹੋਛਾ-ਪਨ ਤਿਆਗ ਕੇ) ਉਹ ਸੰਤੋਖ ਵਿਚ ਜੀਵਨ ਬਿਤੀਤ ਕਰਦੇ ਹਨ ।੧।

ਜੇਹੜੇ ਮਨੁੱਖ ਹਰ ਰੋਜ਼ (ਹਰ ਵੇਲੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਨਾਲ ਸਾਥ ਬਣਾਂਦੇ ਹਨ ਉਹਨਾਂ ਦਾ ਜੀਵਨ ਪਵਿਤ੍ਰ ਹੁੰਦਾ ਹੈ, ਉਹਨਾਂ ਦੇ ਅੰਦਰ ਪ੍ਰਭੂ ਦੇ ਪਿਆਰ ਦੀਆਂ ਪ੍ਰਭੂ ਦੀ ਭਗਤੀ ਦੀਆਂ ਅਨੇਕਾਂ ਲਹਿਰਾਂ ਉਠਦੀਆਂ ਰਹਿੰਦੀਆਂ ਹਨ । ਮਾਇਆ-ਵੇੜ੍ਹੇ ਸੰਸਾਰੀ ਜੀਵ ਦਾ ਜੀਵਨ ਵਿਅਰਥ ਚਲਾ ਜਾਂਦਾ ਹੈ । ਜੋ ਮਨੁੱਖ ਪਰਮਾਤਮਾ ਦੀ ਭਗਤੀ ਕਰਦਾ ਹੈ ਉਹ (ਮਾਇਆ ਦੇ ਮੋਹ ਤੋਂ) ਨਿਰਲੇਪ ਰਹਿੰਦਾ ਹੈ ।੨।

ਜੋ ਮਨੁੱਖ ਹਰੀ ਦੇ ਗੁਣ ਗਾਂਦਾ ਹੈ ਉਸ ਦਾ ਸਰੀਰ (ਵਿਕਾਰਾਂ ਵਲੋਂ ਬਚਿਆ ਰਹਿ ਕੇ) ਪਵਿਤ੍ਰ ਰਹਿੰਦਾ ਹੈ, ਆਪਣੇ ਆਪ ਨੂੰ (ਆਪਣੇ ਅਸਲੇ ਨੂੰ) ਪਛਾਣ ਕੇ ਉਹ ਸਦਾ ਪ੍ਰਭੂ-ਚਰਨਾਂ ਵਿਚ ਸੁਰਤਿ ਜੋੜੀ ਰੱਖਦਾ ਹੈ । ਉਹ ਮਨੁੱਖ ਉਸ ਪ੍ਰਭੂ ਦਾ ਰੂਪ ਹੋ ਜਾਂਦਾ ਹੈ ਜੋ ਸਭ ਦਾ ਮੁੱਢ ਹੈ ਜੋ ਬੇਅੰਤ ਹੈ ਜੋ ਪਰੇ ਤੋਂ ਪਰੇ ਹੈ ਜੋ ਹੀਰੇ ਸਮਾਨ ਅਮੋਲਕ ਹੈ । ਉਸ ਦਾ ਉਹ ਮਨ, ਜੋ ਪਹਿਲਾਂ ਮਮਤਾ ਦਾ ਸ਼ਿਕਾਰ ਸੀ, ਲਾਲ-ਸਮਾਨ ਅਮੋਲਕ-ਪ੍ਰਭੂ ਦੇ ਪਿਆਰ ਵਿਚ ਰੰਗਿਆ ਜਾਂਦਾ ਹੈ ਤੇ ਠਰ੍ਹੰਮੇ ਵਾਲਾ ਹੋ ਜਾਂਦਾ ਹੈ ।੩।

ਜੇਹੜੇ ਮਨੁੱਖ (ਸਿਮਰਨ ਤੋਂ ਸੱਖਣੇ ਹਨ ਤੇ) ਨਿਰੀਆਂ ਜ਼ਬਾਨੀ ਜ਼ਬਾਨੀ ਹੀ ਗਿਆਨ ਦੀਆਂ ਗੱਲਾਂ ਕਰਦੇ ਹਨ ਉਹ ਆਤਮਕ ਮੌਤੇ ਮਰੇ ਹੋਏ ਹਨ (ਉਹਨਾਂ ਦੇ ਅੰਦਰ ਆਤਮਕ ਜੀਵਨ ਨਹੀਂ ਹੈ) ।

(ਪਰ) ਹੇ ਨਾਨਕ! ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਮਤਿ ਦਾ ਆਸਰਾ ਲੈ ਕੇ ਪ੍ਰਭੂ ਦਾ ਨਾਮ ਸਿਮਰਿਆ ਹੈ, ਉਹਨਾਂ ਨੂੰ ਪਰਮਾਤਮਾ ਆਪਣੇ ਅੱਤ ਨੇੜੇ ਦਿੱਸਦਾ ਹੈ (ਉਹ ਮਨੁੱਖ ਜਗਤ ਦੇ ਪਦਾਰਥਾਂ ਨਾਲ ਮੋਹ ਨਹੀਂ ਬਣਾਂਦੇ, ਕਿਉਂਕਿ) ਉਹਨਾਂ ਨੂੰ ਸਾਰਾ ਜਗਤ ਮਾਇਆ ਦਾ ਪਸਾਰਾ ਦਿੱਸਦਾ ਹੈ ।੪।੧੭।

ਆਸਾ ਮਹਲਾ ੧ ਤਿਤੁਕਾ ॥ ਕੋਈ ਭੀਖਕੁ ਭੀਖਿਆ ਖਾਇ ॥ ਕੋਈ ਰਾਜਾ ਰਹਿਆ ਸਮਾਇ ॥ ਕਿਸ ਹੀ ਮਾਨੁ ਕਿਸੈ ਅਪਮਾਨੁ ॥ ਢਾਹਿ ਉਸਾਰੇ ਧਰੇ ਧਿਆਨੁ ॥ ਤੁਝ ਤੇ ਵਡਾ ਨਾਹੀ ਕੋਇ ॥ ਕਿਸੁ ਵੇਖਾਲੀ ਚੰਗਾ ਹੋਇ ॥੧॥ ਮੈ ਤਾਂ ਨਾਮੁ ਤੇਰਾ ਆਧਾਰੁ ॥ ਤੂੰ ਦਾਤਾ ਕਰਣਹਾਰੁ ਕਰਤਾਰੁ ॥੧॥ ਰਹਾਉ ॥ ਵਾਟ ਨ ਪਾਵਉ ਵੀਗਾ ਜਾਉ ॥ ਦਰਗਹ ਬੈਸਣ ਨਾਹੀ ਥਾਉ ॥ ਮਨ ਕਾ ਅੰਧੁਲਾ ਮਾਇਆ ਕਾ ਬੰਧੁ ॥ ਖੀਨ ਖਰਾਬੁ ਹੋਵੈ ਨਿਤ ਕੰਧੁ ॥ ਖਾਣ ਜੀਵਣ ਕੀ ਬਹੁਤੀ ਆਸ ॥ ਲੇਖੈ ਤੇਰੈ ਸਾਸ ਗਿਰਾਸ ॥੨॥ ਅਹਿਨਿਸਿ ਅੰਧੁਲੇ ਦੀਪਕੁ ਦੇਇ ॥ ਭਉਜਲ ਡੂਬਤ ਚਿੰਤ ਕਰੇਇ ॥ ਕਹਹਿ ਸੁਣਹਿ ਜੋ ਮਾਨਹਿ ਨਾਉ ॥ ਹਉ ਬਲਿਹਾਰੈ ਤਾ ਕੈ ਜਾਉ ॥ ਨਾਨਕੁ ਏਕ ਕਹੈ ਅਰਦਾਸਿ ॥ ਜੀਉ ਪਿੰਡੁ ਸਭੁ ਤੇਰੈ ਪਾਸਿ ॥੩॥ ਜਾਂ ਤੂੰ ਦੇਹਿ ਜਪੀ ਤੇਰਾ ਨਾਉ ॥ ਦਰਗਹ ਬੈਸਣ ਹੋਵੈ ਥਾਉ ॥ ਜਾਂ ਤੁਧੁ ਭਾਵੈ ਤਾ ਦੁਰਮਤਿ ਜਾਇ ॥ ਗਿਆਨ ਰਤਨੁ ਮਨਿ ਵਸੈ ਆਇ ॥ ਨਦਰਿ ਕਰੇ ਤਾ ਸਤਿਗੁਰੁ ਮਿਲੈ ॥ ਪ੍ਰਣਵਤਿ ਨਾਨਕੁ ਭਵਜਲੁ ਤਰੈ ॥੪॥੧੮॥ {ਪੰਨਾ 354}

{ਨੋਟ:- ਇਸ ਸ਼ਬਦ ਦਾ ਸਿਰਲੇਖ ਵੇਖੋ । ਲਫ਼ਜ਼ ‘ਤਿਤੁਕਾ’ ਦੱਸਦਾ ਹੈ ਕਿ ਸ਼ਬਦ ਦੇ ਹਰੇਕ ਬੰਦ ਦੀਆਂ ਤਿੰਨ ਤਿੰਨ ਤੁਕਾਂ ਹਨ । ਸਾਰੀਆਂ ਤੁਕਾਂ ਛੋਟੀਆਂ ਹਨ, ਚੌਪਈ ਦੇ ਮੇਲ ਦੀਆਂ । ਦੋ ਦੋ ਨੂੰ ਰਲਾ ਕੇ ਇਕ ਤੁਕ ਗਿਣਨੀ ਹੈ ।}

ਪਦਅਰਥ:- ਭੀਖਕੁ—ਮੰਗਤਾ । ਰਹਿਆ ਸਮਾਇ—ਮਸਤ ਹੋ ਰਿਹਾ ਹੈ । ਮਾਨੁ—ਇੱਜ਼ਤ । ਅਪਮਾਨੁ—ਨਿਰਾਦਰੀ । ਢਾਹਿ ਉਸਾਰੇ—ਢਾਹ ਕੇ ਉਸਾਰਦਾ ਹੈ, ਖ਼ਿਆਲਾਂ ਦੇ ਲੱਡੂ ਭੋਰਦਾ ਹੈ ਬਣਾਂਦਾ ਹੈ । ਤੇ—ਤੋਂ । ਕਿਸੁ ਵੇਖਾਲੀ—ਮੈਂ ਕੋਈ ਐਸਾ ਬੰਦਾ ਵਿਖਾ ਨਹੀਂ ਸਕਦਾ ।੧।

ਆਧਾਰੁ—ਆਸਰਾ । ਦਾਤਾ—ਦੇਣ ਵਾਲਾ । ਕਰਣਹਾਰੁ—ਕਰਨ ਦੇ ਸਮਰੱਥ ।੧।ਰਹਾਉ।

ਨਾ ਪਾਵਉ—ਮੈਨੂੰ ਨਹੀਂ ਲੱਭਦਾ । ਵਾਟ—ਰਸਤਾ । ਵੀਗਾ—ਵਿੰਗਾ, ਕੁਰਾਹੇ । ਬੈਸਣ—ਬੈਠਣ ਲਈ । ਬੰਧੁ—ਬੱਧਾ ਹੋਇਆ । ਖੀਨ—ਕਮਜ਼ੋਰ । ਕੰਧੁ—ਸਰੀਰ । ਗਿਰਾਸ—ਗਿਰਾਹੀ ।੨।

ਅਹਿ—ਦਿਨ । ਨਿਸਿ—ਰਾਤ । ਦੀਪਕੁ—ਦੀਵਾ । ਦੇਇ—ਦੇਂਦਾ ਹੈ । ਚਿੰਤ—ਫ਼ਿਕਰ, ਧਿਆਨ । ਕਰੇਇ—ਕਰਦਾ ਹੈ । ਕਹਹਿ—ਜੋ ਆਖਦੇ ਹਨ । ਤਾ ਕੈ ਬਲਿਹਾਰੈ—ਉਹਨਾਂ ਤੋਂ ਕੁਰਬਾਨ । ਜੀਉ—ਜਿੰਦ । ਪਿੰਡੁ—ਸਰੀਰ । ਤੇਰੈ ਪਾਸਿ—ਤੇਰੇ ਹਵਾਲੇ, ਤੇਰੇ ਆਸਰੇ ।੩।

ਦੇਹਿ—ਦੇਂਦਾ ਹੈਂ {ਨੋਟ:- ਲਫ਼ਜ਼ 'ਦੇਇ' ਅਤੇ 'ਦੇਹਿ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ} । ਮਨਿ—ਮਨ ਵਿਚ । ਪ੍ਰਣਵਤਿ—ਬੇਨਤੀ ਕਰਦਾ ਹੈ ।੪।

ਅਰਥ:- ਮੇਰੇ ਲਈ ਸਿਰਫ਼ ਤੇਰਾ ਨਾਮ ਹੀ ਆਸਰਾ ਹੈ (ਕਿਉਂਕਿ) ਤੂੰ ਹੀ (ਸਭ ਦਾਤਾਂ) ਦੇਣ ਵਾਲਾ ਹੈਂ, ਤੂੰ ਸਭ ਕੁਝ ਕਰਨ ਦੇ ਸਮਰੱਥ ਹੈਂ, ਤੂੰ ਸਾਰੀ ਸ੍ਰਿਸ਼ਟੀ ਦੇ ਪੈਦਾ ਕਰਨ ਵਾਲਾ ਹੈਂ ।੧।ਰਹਾਉ।

(ਤੇਰਾ ਆਸਰਾ ਭੁਲਾ ਕੇ ਹੀ) ਕੋਈ ਮੰਗਤਾ ਭਿੱਛਿਆ (ਮੰਗ ਮੰਗ ਕੇ) ਖਾਂਦਾ ਹੈ (ਤੇ ਗਰੀਬੀ ਵਿਚ ਨਿਢਾਲ ਹੋ ਰਿਹਾ ਹੈ), (ਤੈਨੂੰ ਭੁਲਾ ਕੇ ਹੀ) ਕੋਈ ਮਨੁੱਖ ਰਾਜਾ ਬਣ ਕੇ (ਰਾਜ ਵਿਚ) ਮਸਤ ਹੋ ਰਿਹਾ ਹੈ । ਕਿਸੇ ਨੂੰ ਆਦਰ ਮਿਲ ਰਿਹਾ ਹੈ (ਉਹ ਇਸ ਆਦਰ ਵਿਚ ਅਹੰਕਾਰੀ ਹੈ) ਕਿਸੇ ਦੀ ਨਿਰਾਦਰੀ ਹੋ ਰਹੀ ਹੈ (ਜਿਸ ਕਰਕੇ ਉਹ ਆਪਣੀ ਮਨੁੱਖਤਾ ਦਾ ਕੌਡੀ ਮੁੱਲ ਨਹੀਂ ਸਮਝਦਾ) (ਕੋਈ ਮਨੁੱਖ ਮਨ ਦੇ ਲੱਡੂ ਭੋਰ ਰਿਹਾ ਹੈ, ਆਪਣੇ ਮਨ ਵਿਚ) ਕਈ ਸਲਾਹਾਂ ਬਣਾਂਦਾ ਹੈ ਤੇ ਢਾਂਹਦਾ ਹੈ, ਬੱਸ! ਇਹੀ ਸੋਚਾਂ ਸੋਚਦਾ ਰਹਿੰਦਾ ਹੈ; ਪਰ ਹੇ ਪ੍ਰਭੂ! ਤੈਥੋਂ ਕੋਈ ਵੱਡਾ ਨਹੀਂ (ਜਿਸ ਨੂੰ ਵਡਿਆਈ ਮਿਲਦੀ ਹੈ, ਤੈਥੋਂ ਹੀ ਮਿਲਦੀ ਹੈ) । ਮੈਂ ਕੋਈ ਅਜਿਹਾ ਆਦਮੀ ਨਹੀਂ ਵਿਖਾ ਸਕਦਾ ਜੋ (ਆਪਣੇ ਆਪ ਤੋਂ ਹੀ) ਚੰਗਾ ਬਣ ਗਿਆ ਹੋਵੇ ।੧।

(ਹੇ ਪ੍ਰਭੂ! ਤੇਰੀ ਓਟ ਤੋਂ ਬਿਨਾ) ਮੈਂ ਜੀਵਨ ਦਾ ਸਹੀ ਰਸਤਾ ਨਹੀਂ ਲੱਭ ਸਕਦਾ, ਕੁਰਾਹੇ ਹੀ ਜਾਂਦਾ ਹਾਂ, ਤੇਰੀ ਹਜ਼ੂਰੀ ਵਿਚ ਭੀ ਮੈਨੂੰ ਥਾਂ ਨਹੀਂ ਮਿਲ ਸਕਦੀ । (ਜਦ ਤਕ ਮੈਨੂੰ ਤੇਰੇ ਪਾਸੋਂ ਗਿਆਨ-ਚਾਨਣ ਨਾ ਮਿਲੇ) ਮੈਂ ਮਾਇਆ ਦੇ ਮੋਹ ਵਿਚ ਬੱਝਾ ਰਹਿੰਦਾ ਹਾਂ, ਮਨ ਦਾ ਅੰਨ੍ਹਾ ਹੀ ਰਹਿੰਦਾ ਹਾਂ, ਮੇਰਾ ਸਰੀਰ (ਵਿਕਾਰਾਂ ਵਿਚ) ਸਦਾ ਖਚਿਤ ਤੇ ਖ਼ੁਆਰ ਹੁੰਦਾ ਹੈ । ਮੈਂ ਸਦਾ ਹੋਰ ਹੋਰ ਖਾਣ ਤੇ ਜੀਊਣ ਦੀਆਂ ਆਸਾਂ ਬਣਾਂਦਾ ਹਾਂ (ਮੈਨੂੰ ਇਹ ਚੇਤਾ ਹੀ ਨਹੀਂ ਰਹਿੰਦਾ ਕਿ) ਮੇਰਾ ਇਕ ਇਕ ਸਾਹ ਤੇ ਇਕ ਇਕ ਗਿਰਾਹੀ ਤੇਰੇ ਹਿਸਾਬ ਵਿਚ ਹੈ (ਤੇਰੀ ਮੇਹਰ ਨਾਲ ਹੀ ਮਿਲ ਰਿਹਾ ਹੈ) ।੨।

ਪ੍ਰਭੂ (ਇਤਨਾ ਦਿਆਲ ਹੈ ਕਿ ਮੇਰੇ ਵਰਗੇ) ਅੰਨ੍ਹੇ ਨੂੰ ਦਿਨ ਰਾਤ (ਗਿਆਨ ਦਾ) ਦੀਵਾ ਬਖ਼ਸ਼ਦਾ ਹੈ, ਸੰਸਾਰ-ਸਮੁੰਦਰ ਵਿਚ ਡੁਬਦੇ ਦਾ ਫ਼ਿਕਰ ਰੱਖਦਾ ਹੈ । ਮੈਂ ਉਹਨਾਂ ਬੰਦਿਆਂ ਤੋਂ ਸਦਕੇ ਜਾਂਦਾ ਹਾਂ ਜੋ ਪ੍ਰਭੂ ਦਾ ਨਾਮ ਜਪਦੇ ਹਨ, ਸੁਣਦੇ ਹਨ, ਉਸ ਵਿਚ ਸਰਧਾ ਰੱਖਦੇ ਹਨ । ਹੇ ਪ੍ਰਭੂ! ਨਾਨਕ ਤੇਰੇ ਦਰ ਤੇ ਇਹ ਅਰਦਾਸ ਕਰਦਾ ਹੈ ਕਿ ਸਾਡੀ ਜਿੰਦ ਤੇ ਸਾਡਾ ਸਰੀਰ ਸਭ ਕੁਝ ਤੇਰੇ ਹੀ ਆਸਰੇ ਹੈ ।੩।

ਹੇ ਪ੍ਰਭੂ! ਜਦੋਂ ਤੂੰ (ਆਪਣੇ ਨਾਮ ਦੀ ਦਾਤਿ ਮੈਨੂੰ) ਦੇਂਦਾ ਹੈਂ, ਤਦੋਂ ਹੀ ਮੈਂ ਤੇਰਾ ਨਾਮ ਜਪ ਸਕਦਾ ਹਾਂ ਤੇ ਤੇਰੀ ਹਜ਼ੂਰੀ ਵਿਚ ਮੈਨੂੰ ਬੈਠਣ ਲਈ ਥਾਂ ਮਿਲ ਸਕਦੀ ਹੈ । ਜਦੋਂ ਤੇਰੀ ਰਜ਼ਾ ਹੋਵੇ ਤਦੋਂ ਹੀ ਮੇਰੀ ਭੈੜੀ ਮਤਿ ਦੂਰ ਹੋ

ਸਕਦੀ ਹੈ, ਤੇ ਤੇਰਾ ਬਖ਼ਸ਼ਿਆ ਸ੍ਰੇਸ਼ਟ ਗਿਆਨ ਮੇਰੇ ਮਨ ਵਿਚ ਆ ਕੇ ਵੱਸ ਸਕਦਾ ਹੈ ।

ਨਾਨਕ ਬੇਨਤੀ ਕਰਦਾ ਹੈ ਕਿ ਜਿਸ ਮਨੁੱਖ ਤੇ ਪ੍ਰਭੂ ਮੇਹਰ ਦੀ ਨਜ਼ਰ ਕਰਦਾ ਹੈ ਉਸ ਨੂੰ ਗੁਰੂ ਮਿਲਦਾ ਹੈ, ਤੇ ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ।੪।੧੮।

ਆਸਾ ਮਹਲਾ ੧ ਪੰਚਪਦੇ॰ ॥ ਦੁਧ ਬਿਨੁ ਧੇਨੁ ਪੰਖ ਬਿਨੁ ਪੰਖੀ ਜਲ ਬਿਨੁ ਉਤਭੁਜ ਕਾਮਿ ਨਾਹੀ ॥ ਕਿਆ ਸੁਲਤਾਨੁ ਸਲਾਮ ਵਿਹੂਣਾ ਅੰਧੀ ਕੋਠੀ ਤੇਰਾ ਨਾਮੁ ਨਾਹੀ ॥੧॥ ਕੀ ਵਿਸਰਹਿ ਦੁਖੁ ਬਹੁਤਾ ਲਾਗੈ ॥ ਦੁਖੁ ਲਾਗੈ ਤੂੰ ਵਿਸਰੁ ਨਾਹੀ ॥੧॥ ਰਹਾਉ ॥ ਅਖੀ ਅੰਧੁ ਜੀਭ ਰਸੁ ਨਾਹੀ ਕੰਨੀ ਪਵਣੁ ਨ ਵਾਜੈ ॥ ਚਰਣੀ ਚਲੈ ਪਜੂਤਾ ਆਗੈ ਵਿਣੁ ਸੇਵਾ ਫਲ ਲਾਗੇ ॥੨॥ ਅਖਰ ਬਿਰਖ ਬਾਗ ਭੁਇ ਚੋਖੀ ਸਿੰਚਿਤ ਭਾਉ ਕਰੇਹੀ ॥ ਸਭਨਾ ਫਲੁ ਲਾਗੈ ਨਾਮੁ ਏਕੋ ਬਿਨੁ ਕਰਮਾ ਕੈਸੇ ਲੇਹੀ ॥੩॥ ਜੇਤੇ ਜੀਅ ਤੇਤੇ ਸਭਿ ਤੇਰੇ ਵਿਣੁ ਸੇਵਾ ਫਲੁ ਕਿਸੈ ਨਾਹੀ ॥ ਦੁਖੁ ਸੁਖੁ ਭਾਣਾ ਤੇਰਾ ਹੋਵੈ ਵਿਣੁ ਨਾਵੈ ਜੀਉ ਰਹੈ ਨਾਹੀ ॥੪॥ ਮਤਿ ਵਿਚਿ ਮਰਣੁ ਜੀਵਣੁ ਹੋਰੁ ਕੈਸਾ ਜਾ ਜੀਵਾ ਤਾਂ ਜੁਗਤਿ ਨਾਹੀ ॥ ਕਹੈ ਨਾਨਕੁ ਜੀਵਾਲੇ ਜੀਆ ਜਹ ਭਾਵੈ ਤਹ ਰਾਖੁ ਤੁਹੀ ॥੫॥੧੯॥ {ਪੰਨਾ 354}

{ਨੋਟ:- ਸ਼ਬਦ ਦਾ ਸਿਰਲੇਖ ਵੇਖੋ । ਲਫ਼ਜ਼ 'ਪੰਚਪਦੇ' ਦਾ ਭਾਵ ਇਹ ਹੈ ਕਿ ਹੁਣ ਅਗਾਂਹ ਉਹ ਸ਼ਬਦ ਹਨ ਜਿਨ੍ਹਾਂ ਵਿਚ ਪੰਜ ਪੰਜ ਬੰਦ ਹਨ । ਲਫ਼ਜ਼ 'ਪੰਚਪਦੇ' ਦਾ ਹੇਠਲਾ ਅੰਕ ੬ ਦੱਸਦਾ ਹੈ ਕਿ ਇਹ ਸ਼ਬਦ ਗਿਣਤੀ ਵਿਚ ਛੇ ਹਨ ।}

ਪਦਅਰਥ:- ਧੇਨੁ—ਗਾਂ । ਪੰਖ—ਖੰਭ । ਉਤਭੁਜ—ਬਨਸਪਤੀ । ਕਾਮਿ—ਕੰਮ ਵਿਚ । ਕਾਮਿ ਨਾਹੀ—ਕਿਸੇ ਕੰਮ ਨਹੀਂ ਆਉਂਦੀ, ਕਿਸੇ ਕੰਮ ਦੀ ਨਹੀਂ ਰਹਿੰਦੀ, ਵਿਅਰਥ ਹੈ । ਕਿਆ ਸੁਲਤਾਨੁ—ਉਹ ਬਾਦਸ਼ਾਹ ਕਾਹਦਾ? ਅੰਧੀ—ਹਨੇਰੀ । ਕੋਠੀ—ਹਿਰਦਾ-ਕੋਠੀ ।੧।

ਕੀ ਵਿਸਰਹਿ—ਕਿਉਂ ਵਿੱਸਰਦਾ ਹੈਂ? ।੧।ਰਹਾਉ।

ਅੰਧੁ—ਅੰਨ੍ਹਾ-ਪਨ । ਰਸੁ—ਸੁਆਦ । ਪਵਣੁ ਨ ਵਾਜੈ—ਆਵਾਜ਼ ਵੱਜਦੀ ਨਹੀਂ, ਆਵਾਜ਼ ਸੁਣੀ ਨਹੀਂ ਜਾਂਦੀ । ਪਜੂਤਾ—ਫੜਿਆ ਹੋਇਆ । ਆਗੈ—ਅੱਗੋਂ । ਵਿਣੁ ਸੇਵਾ—(ਪ੍ਰਭੂ ਦੀ) ਸੇਵਾ ਤੋਂ ਬਿਨਾ ਪ੍ਰਭੂ ਦਾ ਸਿਮਰਨ ਕਰਨ ਤੋਂ ਬਿਨਾ । ਫਲ—ਹੋਰ ਹੋਰ ਫਲ ।੨।

ਅਖਰ—ਗੁਰਬਾਣੀ, ਗੁਰੂ ਦੇ ਸ਼ਬਦ, ਗੁਰੂ ਦਾ ਉਪਦੇਸ਼ । ਭੁਇ—ਧਰਤੀ, ਹਿਰਦਾ-ਧਰਤੀ । ਚੋਖੀ—ਸਵੱਛ, ਪਵਿੱਤ੍ਰ । ਭਾਉ—ਪ੍ਰੇਮ । ਕਰੇਹੀ—ਕਰੇਹਿ, ਕਰਦੇ ਹਨ । ਫਲੁ—ਮਨੁੱਖਾ ਜੀਵਨ ਦਾ ਲਾਭ । ਕਰਮਾ—ਮੇਹਰ, ਬਖ਼ਸ਼ਸ਼ ।੩।

ਸਭਿ—ਸਾਰੇ । ਵਿਣੁ ਸੇਵਾ—ਸਿਮਰਨ ਤੋਂ ਬਿਨਾ । ਭਾਣਾ—ਰਜ਼ਾ । ਜੀਉ—ਜਿੰਦ । ਰਹੈ ਨਾਹੀ—ਰਹਿ ਨਹੀਂ ਸਕਦੀ, ਧੀਰਜ ਨਹੀਂ ਫੜ ਸਕਦੀ ।੪।

ਮਰਣੁ—ਮੌਤ, ਆਪਾ-ਭਾਵ ਦੀ ਮੌਤ । ਜਾ—ਜੇ । ਜੀਵਾ—ਮੈਂ (ਹੋਰ ਜੀਵਨ) ਜੀਵਾਂ । ਜੁਗਤਿ—ਢੰਗ, ਤਰੀਕਾ, ਸੁਚੱਜਾ ਢੰਗ । ਜੀਵਾਲੇ—ਜੀਊਂਦਾ ਰੱਖਦਾ ਹੈ, ਆਤਮਕ ਜੀਵਨ ਦੇਂਦਾ ਹੈ ।੫।

ਅਰਥ:- ਹੇ ਪ੍ਰਭੂ! ਤੂੰ ਮੈਨੂੰ ਕਿਉਂ ਵਿਸਾਰਦਾ ਹੈਂ? ਤੇਰੇ ਵਿਸਰਿਆਂ ਮੈਨੂੰ ਬੜਾ ਆਤਮਕ ਦੁੱਖ ਵਾਪਰਦਾ ਹੈ । ਹੇ ਪ੍ਰਭੂ! (ਮੇਹਰ ਕਰ, ਮੇਰੇ ਮਨ ਤੋਂ) ਨਾਹ ਵਿਸਰ ।੧।ਰਹਾਉ।

ਜੇਹੜੀ ਗਾਂ ਦੁੱਧ ਨਾਹ ਦੇਵੇ ਉਹ ਗਾਂ ਕਿਸ ਕੰਮ? ਜੇਹੜੇ ਪੰਛੀ ਦੇ ਖੰਭ ਨਾਹ ਹੋਣ ਉਸ ਨੂੰ ਹੋਰ ਕੋਈ ਸਹਾਰਾ ਨਹੀਂ, ਬਨਸਪਤੀ ਪਾਣੀ ਤੋਂ ਬਿਨਾ ਹਰੀ ਨਹੀਂ ਰਹਿ ਸਕਦੀ । ਉਹ ਬਾਦਸ਼ਾਹ ਕਾਹਦਾ, ਜਿਸ ਨੂੰ ਕੋਈ ਸਲਾਮ ਨ ਕਰੇ? ਇਸੇ ਤਰ੍ਹਾਂ ਹੇ ਪ੍ਰਭੂ! ਜਿਸ ਹਿਰਦੇ ਵਿਚ ਤੇਰਾ ਨਾਮ ਨ ਹੋਵੇ ਉਹ ਇਕ ਹਨੇਰੀ ਕੋਠੜੀ ਹੀ ਹੈ ।੧।

ਅੱਖਾਂ ਅੱਗੇ ਹਨੇਰਾ ਆਉਣ ਲੱਗ ਪੈਂਦਾ ਹੈ, ਜੀਭ ਵਿਚ ਖਾਣ-ਪੀਣ ਦਾ ਸੁਆਦ ਮਾਣਨ ਦੀ ਤਾਕਤ ਨਹੀਂ ਰਹਿੰਦੀ, ਕੰਨਾਂ ਵਿਚ (ਰਾਗ ਆਦਿਕ) ਦੀ ਆਵਾਜ਼ ਨਹੀਂ ਸੁਣਾਈ ਦੇਂਦੀ, ਪੈਰਾਂ ਨਾਲ ਭੀ ਮਨੁੱਖ ਤਦੋਂ ਹੀ ਤੁਰਦਾ ਹੈ ਜੇ ਕੋਈ ਹੋਰ ਅਗੋਂ ਉਸਦੀ ਡੰਗੋਰੀ ਫੜੇ—(ਬੁਢੇਪੇ ਦੇ ਕਾਰਨ ਮਨੁੱਖ ਦੇ ਸਰੀਰ ਦੀ ਇਹ ਹਾਲਤ ਬਣ ਜਾਂਦੀ ਹੈ, ਫਿਰ ਭੀ) ਮਨੁੱਖ ਸਿਮਰਨ ਤੋਂ ਸੁੰਞਾ ਹੀ ਰਹਿੰਦਾ ਹੈ, ਇਸ ਦੇ ਜੀਵਨ-ਰੁੱਖ ਨੂੰ ਹੋਰ ਹੋਰ ਫਲ ਲੱਗਦੇ ਰਹਿੰਦੇ ਹਨ ।੨।

ਜੋ ਮਨੁੱਖ ਸੁਅੱਛ ਹਿਰਦੇ ਦੀ ਭੁਇੇਂ ਵਿਚ ਗੁਰ-ਸ਼ਬਦ ਰੂਪ ਬਾਗ਼ ਦੇ ਰੁੱਖ ਲਾਂਦੇ ਹਨ ਅਤੇ ਪ੍ਰੇਮ-ਰੂਪ ਪਾਣੀ ਸਿੰਜਦੇ ਹਨ, ਉਹਨਾਂ ਸਭਨਾਂ ਨੂੰ ਅਕਾਲ ਪੁਰਖ ਦਾ ਨਾਮ-ਫਲ ਲੱਗਦਾ ਹੈ; ਪਰ ਪ੍ਰਭੂ ਦੀ ਮੇਹਰ ਤੋਂ ਬਿਨਾ ਇਹ ਦਾਤਿ ਨਹੀਂ ਮਿਲਦੀ ।੩।

ਹੇ ਪ੍ਰਭੂ! ਇਹ ਸਾਰੇ ਜੀਵ ਤੇਰੇ ਹੀ ਪੈਦਾ ਕੀਤੇ ਹੋਏ ਹਨ, ਤੇਰਾ ਸਿਮਰਨ ਕਰਨ ਤੋਂ ਬਿਨਾ ਮਨੁੱਖਾ ਜੀਵਨ ਦਾ ਲਾਭ ਕਿਸੇ ਨੂੰ ਨਹੀਂ ਮਿਲ ਸਕਦਾ । (ਜੋ ਭੀ ਜੰਮਿਆ ਹੈ ਉਸ ਨੂੰ) ਕਦੇ ਦੁੱਖ ਤੇ ਕਦੇ ਸੁਖ ਮਿਲਣਾ—ਇਹ ਤਾਂ ਤੇਰੀ ਰਜ਼ਾ ਹੈ (ਪਰ ਦੁੱਖ ਵਿਚ ਜੀਵ ਘਾਬਰ ਜਾਂਦਾ ਹੈ, ਸੁਖਾਂ ਵਿਚ ਆਪੇ ਤੋਂ ਬਾਹਰ ਹੁੰਦਾ ਹੈ) ਤੇਰੇ ਨਾਮ ਦੀ ਟੇਕ ਤੋਂ ਬਿਨਾ ਜਿੰਦ ਅਡੋਲ ਰਹਿ ਹੀ ਨਹੀਂ ਸਕਦੀ ।੪।

ਗੁਰੂ ਦੀ ਦੱਸੀ ਮਤਿ ਵਿਚ ਤੁਰ ਕੇ ਆਪਾ-ਭਾਵ ਦਾ ਮਰ ਜਾਣਾ—ਇਹੀ ਹੈ ਸਹੀ ਜੀਵਨ, ਜੇ ਮਨੁੱਖ ਦਾ ਸੁਆਰਥੀ ਜੀਵਨ ਨਹੀਂ ਮੁੱਕਿਆ ਤਾਂ ਉਹ ਜੀਵਨ ਵਿਅਰਥ ਹੈ । ਜੇ ਮੈਂ ਇਹ ਸੁਆਰਥੀ ਜੀਵਨ ਜੀਊਂਦਾ ਹਾਂ, ਤਾਂ ਇਸ ਨੂੰ ਜੀਵਨ ਦਾ ਸੁਚੱਜਾ ਢੰਗ ਨਹੀਂ ਕਿਹਾ ਜਾ ਸਕਦਾ । ਨਾਨਕ ਆਖਦਾ ਹੈ ਪਰਮਾਤਮਾ ਜ਼ਿੰਦਗੀ ਦੇਣ ਵਾਲਾ ਹੈ (ਉਸੇ ਦੀ ਹਜ਼ੂਰੀ ਵਿਚ ਅਰਦਾਸ ਕਰਨੀ ਚਾਹੀਦੀ ਹੈ ਕਿ) ਹੇ ਪ੍ਰਭੂ! ਜਿਥੇ ਤੇਰੀ ਰਜ਼ਾ ਹੈ ਉਥੇ ਸਾਨੂੰ ਰੱਖ (ਭਾਵ, ਆਪਣੀ ਰਜ਼ਾ ਵਿਚ ਰੱਖ ਤੇ ਸਿਮਰਨ ਦੀ ਦਾਤਿ ਬਖ਼ਸ਼ ।੫।੧੯।

ਆਸਾ ਮਹਲਾ ੧ ॥ ਕਾਇਆ ਬ੍ਰਹਮਾ ਮਨੁ ਹੈ ਧੋਤੀ ॥ ਗਿਆਨੁ ਜਨੇਊ ਧਿਆਨੁ ਕੁਸਪਾਤੀ ॥ ਹਰਿ ਨਾਮਾ ਜਸੁ ਜਾਚਉ ਨਾਉ ॥ ਗੁਰ ਪਰਸਾਦੀ ਬ੍ਰਹਮਿ ਸਮਾਉ ॥੧॥ ਪਾਂਡੇ ਐਸਾ ਬ੍ਰਹਮ ਬੀਚਾਰੁ ॥ ਨਾਮੇ ਸੁਚਿ ਨਾਮੋ ਪੜਉ ਨਾਮੇ ਚਜੁ ਆਚਾਰੁ ॥੧॥ ਰਹਾਉ ॥ ਬਾਹਰਿ ਜਨੇਊ ਜਿਚਰੁ ਜੋਤਿ ਹੈ ਨਾਲਿ ॥ ਧੋਤੀ ਟਿਕਾ ਨਾਮੁ ਸਮਾਲਿ ॥ ਐਥੈ ਓਥੈ ਨਿਬਹੀ ਨਾਲਿ ॥ ਵਿਣੁ ਨਾਵੈ ਹੋਰਿ ਕਰਮ ਨ ਭਾਲਿ ॥੨॥ ਪੂਜਾ ਪ੍ਰੇਮ ਮਾਇਆ ਪਰਜਾਲਿ ॥ ਏਕੋ ਵੇਖਹੁ ਅਵਰੁ ਨ ਭਾਲਿ ॥ ਚੀਨੈ੍ ਤਤੁ ਗਗਨ ਦਸ ਦੁਆਰ ॥ ਹਰਿ ਮੁਖਿ ਪਾਠ ਪੜੈ ਬੀਚਾਰ ॥੩॥ ਭੋਜਨੁ ਭਾਉ ਭਰਮੁ ਭਉ ਭਾਗੈ ॥ ਪਾਹਰੂਅਰਾ ਛਬਿ ਚੋਰੁ ਨ ਲਾਗੈ ॥ ਤਿਲਕੁ ਲਿਲਾਟਿ ਜਾਣੈ ਪ੍ਰਭੁ ਏਕੁ ॥ ਬੂਝੈ ਬ੍ਰਹਮੁ ਅੰਤਰਿ ਬਿਬੇਕੁ ॥੪॥ ਆਚਾਰੀ ਨਹੀ ਜੀਤਿਆ ਜਾਇ ॥ ਪਾਠ ਪੜੈ ਨਹੀ ਕੀਮਤਿ ਪਾਇ ॥ ਅਸਟ ਦਸੀ ਚਹੁ ਭੇਦੁ ਨ ਪਾਇਆ ॥ ਨਾਨਕ ਸਤਿਗੁਰਿ ਬ੍ਰਹਮੁ ਦਿਖਾਇਆ ॥੫॥੨੦॥ {ਪੰਨਾ 355}

ਪਦਅਰਥ:- ਕਾਇਆ—ਸਰੀਰ, ਮਨੁੱਖਾ ਸਰੀਰ, ਵਿਕਾਰਾਂ ਤੋਂ ਬਚਿਆ ਹੋਇਆ ਸਰੀਰ । ਬ੍ਰਹਮਾ—ਬ੍ਰਾਹਮਣ । ਮਨੁ—ਪਵਿਤ੍ਰ ਮਨ । ਗਿਆਨੁ—ਪਰਮਾਤਮਾ ਨਾਲ ਡੂੰਘੀ ਸਾਂਝ । ਧਿਆਨੁ—ਪਰਮਾਤਮਾ ਦੀ ਯਾਦ ਵਿਚ

ਸੁਰਤਿ ਜੋੜਨੀ । ਕੁਸ—ਦੱਭ । ਕੁਸ ਪਾਤੀ—ਦੱਭ ਦਾ ਛੱਲਾ (ਜੋ ਚੀਚੀ ਦੀ ਨਾਲ ਦੀ ਉਂਗਲੀ ਤੇ ਪਾਈਦਾ ਹੈ ਕੋਈ ਪੂਜਾ ਆਦਿਕ ਕਰਨ ਵੇਲੇ) । ਜਸੁ—ਸਿਫ਼ਤਿ-ਸਾਲਾਹ । ਜਾਚਉ—ਮੈਂ ਮੰਗਦਾ ਹਾਂ । ਪਰਸਾਦੀ—ਪਰਸਾਦਿ, ਕਿਰਪਾ ਨਾਲ । ਬ੍ਰਹਮਿ—ਪਰਮਾਤਮਾ ਵਿਚ । ਸਮਾਉ—ਮੈਂ ਲੀਨ ਰਹਾਂ ।੧।

ਪਾਂਡੇ—ਹੇ ਪੰਡਿਤ! ਨਾਮੇ—ਨਾਮ ਵਿਚ ਹੀ । ਨਾਮੋ ਪੜਉ—ਮੈਂ ਨਾਮ (-ਰੂਪ ਵੇਦ ਆਦਿਕ) ਪੜ੍ਹਦਾ ਹਾਂ । ਚਜੁ—ਧਾਰਮਿਕ ਰਸਮਾਂ ਕਰਨੀਆਂ । ਆਚਾਰੁ—ਧਾਰਮਿਕ ਰਸਮਾਂ ਕਰਨੀਆਂ ।੧।ਰਹਾਉ।

ਬਾਹਰਿ—ਸਰੀਰ ਉਤੇ ਪਾਇਆ ਹੋਇਆ । ਐਥੇ—ਇਸ ਲੋਕ ਵਿਚ । ਓਥੈ—ਪਰਲੋਕ ਵਿਚ । ਹੋਰਿ—{ਲਫ਼ਜ਼ 'ਹੋਰ' ਤੋਂ ਬਹੁ-ਵਚਨ} । ਭਾਲਿ—ਲੱਭ ।੨।

ਪੂਜਾ—ਮੂਰਤੀ ਅਗੇ ਧੂਪ ਧੁਖਾਣਾ । ਪ੍ਰੇਮ ਮਾਇਆ—ਮਾਇਆ ਦਾ ਮੋਹ । ਪਰਜਾਲਿ—ਚੰਗੀ ਤਰ੍ਹਾਂ ਸਾੜ ਦੇ । ਚੀਨੈ—ਜੋ ਮਨੁੱਖ ਵੇਖਦਾ ਹੈ । ਤਤੁ—ਸਰਬ-ਵਿਆਪਕ ਜੋਤਿ । ਗਗਨ—ਆਕਾਸ਼, ਚਿੱਤ-ਰੂਪ ਆਕਾਸ਼, ਚਿਦਾਕਾਸ਼, ਦਿਮਾਗ਼ । ਮੁਖਿ—ਮੂੰਹ ਵਿਚ ।੩।

ਭੋਜਨੁ—ਮੂਰਤੀ ਲਈ ਭੋਗ । ਭਾਉ—ਪ੍ਰੇਮ । ਭਰਮੁ—ਮਨ ਦੀ ਭਟਕਣਾ । ਪਾਹਰੂਅਰਾ—ਰਾਖਾ । ਛਬਿ—ਜਬ੍ਹਾ, ਤੇਜ । ਲਿਲਾਟ—ਮੱਥੇ ਉਤੇ । ਬਿਬੇਕੁ—ਦੋ ਚੀਜ਼ਾਂ ਦਾ ਨਿਖੇੜਾ ਕਰਨ ਦੀ ਸੂਝ ।੪।

ਆਚਾਰੀ—ਧਾਰਮਿਕ ਰਸਮਾਂ ਦੀ ਰਾਹੀਂ । ਕੀਮਤਿ—ਕਦਰ । ਅਸਟਦਸੀ—ਅਠਾਰਾਂ (ਪੁਰਾਣਾਂ) ਨੇ । ਚਹੁ—ਚਾਰ ਵੇਦਾਂ ਨੇ । ਸਤਿਗੁਰਿ—ਗੁਰੂ ਨੇ ।੫।

ਅਰਥ:- ਹੇ ਪਾਂਡੇ! ਪਰਮਾਤਮਾ ਦੇ ਨਾਮ ਵਿਚ ਹੀ ਸੁੱਚ ਹੈ, ਮੈਂ ਤਾਂ ਪਰਮਾਤਮਾ ਦਾ ਨਾਮ-ਸਿਮਰਨ (-ਰੂਪ ਵੇਦ) ਪੜ੍ਹਦਾ ਹਾਂ, ਪ੍ਰਭੂ ਦੇ ਨਾਮ ਵਿਚ ਹੀ ਸਾਰੀਆਂ ਧਾਰਮਿਕ ਰਸਮਾਂ ਆ ਜਾਂਦੀਆਂ ਹਨ । ਤੂੰ ਭੀ ਇਸੇ ਤਰ੍ਹਾਂ ਪਰਮਾਤਮਾ ਦੇ ਗੁਣਾਂ ਦਾ ਵਿਚਾਰ ਕਰ ।੧।ਰਹਾਉ।

(ਨਾਮ ਦੀ ਬਰਕਤਿ ਨਾਲ ਵਿਕਾਰਾਂ ਤੋਂ ਬਚਿਆ ਹੋਇਆ) ਮਨੁੱਖਾ ਸਰੀਰ ਹੀ (ਉੱਚ-ਜਾਤੀਆ) ਬ੍ਰਾਹਮਣ ਹੈ, (ਪਵਿਤ੍ਰ ਹੋਇਆ) ਮਨ (ਬ੍ਰਾਹਮਣ ਦੀ) ਧੋਤੀ ਹੈ । ਪਰਮਾਤਮਾ ਨਾਲ ਡੂੰਘੀ ਜਾਣ-ਪਛਾਣ ਜਨੇਊ ਹੈ ਤੇ ਪ੍ਰਭੂ-ਚਰਨਾਂ ਵਿਚ ਜੁੜੀ ਹੋਈ ਸੁਰਤਿ ਦੱਭ ਦਾ ਛੱਲਾ । ਮੈਂ ਤਾਂ (ਹੇ ਪਾਂਡੇ!) ਪਰਮਾਤਮਾ ਦਾ ਨਾਮ ਹੀ (ਦੱਛਣਾ) ਮੰਗਦਾ ਹਾਂ, ਸਿਫ਼ਤਿ-ਸਾਲਾਹ ਹੀ ਮੰਗਦਾ ਹਾਂ, ਤਾਕਿ ਗੁਰੂ ਦੀ ਕਿਰਪਾ ਨਾਲ (ਨਾਮ ਸਿਮਰ ਕੇ) ਪਰਮਾਤਮਾ ਵਿਚ ਲੀਨ ਰਹਾਂ ।੧।

(ਹੇ ਪਾਂਡੇ!) ਬਾਹਰਲਾ ਜਨੇਊ ਉਤਨਾ ਚਿਰ ਹੀ ਹੈ ਜਿਤਨਾ ਚਿਰ ਜੋਤਿ ਸਰੀਰ ਵਿਚ ਮੌਜੂਦ ਹੈ (ਫਿਰ ਇਹ ਕਿਸ ਕੰਮ?) । ਪ੍ਰਭੂ ਦਾ ਨਾਮ ਹਿਰਦੇ ਵਿਚ ਸਾਂਭ—ਇਹੀ ਹੈ ਧੋਤੀ ਇਹੀ ਹੈ ਟਿੱਕਾ । ਇਹ ਨਾਮ ਹੀ ਲੋਕ ਪਰਲੋਕ ਵਿਚ ਸਾਥ ਨਿਭਾਹੁੰਦਾ ਹੈ । (ਹੇ ਪਾਂਡੇ!) ਨਾਮ ਵਿਸਾਰ ਕੇ ਹੋਰ ਹੋਰ ਧਾਰਮਿਕ ਰਸਮਾਂ ਨਾਹ ਭਾਲਦਾ ਫਿਰ ।੨।

(ਨਾਮ ਵਿਚ ਜੁੜ ਕੇ) ਮਾਇਆ ਦਾ ਮੋਹ (ਆਪਣੇ ਅੰਦਰੋਂ) ਚੰਗੀ ਤਰ੍ਹਾਂ ਸਾੜ ਦੇ—ਇਹੀ ਹੈ ਦੇਵ-ਪੂਜਾ । ਹਰ ਥਾਂ ਇਕ ਪਰਮਾਤਮਾ ਨੂੰ ਵੇਖ, (ਹੇ ਪਾਂਡੇ!) ਉਸ ਤੋਂ ਬਿਨਾ ਕਿਸੇ ਹੋਰ ਦੇਵਤੇ ਨੂੰ ਨਾਹ ਲੱਭਦਾ ਰਹੁ । ਜੇਹੜਾ ਮਨੁੱਖ ਹਰ ਥਾਂ ਵਿਆਪਕ ਪਰਮਾਤਮਾ ਨੂੰ ਪਛਾਣ ਲੈਂਦਾ ਹੈ, ਉਸ ਨੇ ਮਾਨੋ ਦਸਵੇਂ ਦੁਆਰ ਵਿਚ ਸਮਾਧੀ ਲਾਈ ਹੋਈ ਹੈ । ਜੋ ਮਨੁੱਖ ਪ੍ਰਭੂ ਦੇ ਨਾਮ ਨੂੰ ਸਦਾ ਆਪਣੇ ਮੂੰਹ ਵਿਚ ਰੱਖਦਾ ਹੈ (ਉਚਾਰਦਾ), ਉਹ (ਵੇਦ ਆਦਿਕ ਪੁਸਤਕਾਂ ਦੇ) ਵਿਚਾਰ ਪੜ੍ਹ ਰਿਹਾ ਹੈ ।੩।

(ਹੇ ਪਾਂਡੇ! ਪ੍ਰਭੂ-ਚਰਨਾਂ ਨਾਲ) ਪ੍ਰੀਤ (ਜੋੜ, ਇਹ) ਹੈ (ਮੂਰਤੀ ਨੂੰ) ਭੋਗ, (ਇਸ ਦੀ ਬਰਕਤਿ ਨਾਲ) ਮਨ ਦੀ

ਭਟਕਣਾ ਦੂਰ ਹੋ ਜਾਂਦੀ ਹੈ, ਡਰ ਲਹਿ ਜਾਂਦਾ ਹੈ । ਪ੍ਰਭੂ-ਰਾਖੇ ਦਾ ਤੇਜ (ਆਪਣੇ ਅੰਦਰ ਪ੍ਰਕਾਸ਼ ਕਰ) ਕੋਈ ਕਾਮਾਦਿਕ ਚੋਰ ਨੇੜੇ ਨਹੀਂ ਢੁਕਦਾ । ਜੋ ਮਨੁੱਖ ਇਕ ਪਰਮਾਤਮਾ ਨਾਲ ਡੂੰਘੀ ਸਾਂਝ ਪਾਂਦਾ ਹੈ ਉਸ ਨੇ, ਮਾਨੋ, ਮੱਥੇ ਉਤੇ ਤਿਲਕ ਲਾਇਆ ਹੋਇਆ ਹੈ । ਜੋ ਆਪਣੇ ਅੰਦਰ-ਵੱਸਦੇ ਪ੍ਰਭੂ ਨੂੰ ਪਛਾਣਦਾ ਹੈ ਉਹ ਚੰਗੇ ਮੰਦੇ ਕੰਮ ਦੀ ਪਰਖ ਸਿੱਖ ਲੈਂਦਾ ਹੈ (ਇਹੀ ਹੈ ਅਸਲ ਬਿਬੇਕ) ।੪।

(ਹੇ ਪਾਂਡੇ!) ਪਰਮਾਤਮਾ ਨਿਰੀਆਂ ਧਾਰਮਿਕ ਰਸਮਾਂ ਨਾਲ ਵੱਸ ਵਿਚ ਨਹੀਂ ਕੀਤਾ ਜਾ ਸਕਦਾ, ਵੇਦ ਆਦਿਕ ਪੁਸਤਕਾਂ ਦੇ ਪਾਠ ਪੜ੍ਹਿਆਂ ਭੀ ਉਸ ਦੀ ਕਦਰ ਨਹੀਂ ਪੈ ਸਕਦੀ । ਜਿਸ ਪਰਮਾਤਮਾ ਦਾ ਭੇਦ ਅਠਾਰਾਂ ਪੁਰਾਣਾਂ ਤੇ ਚਾਰ ਵੇਦਾਂ ਨੇ ਨਾਹ ਲੱਭਾ, ਹੇ ਨਾਨਕ! ਸਤਿਗੁਰੂ ਨੇ (ਸਾਨੂੰ) ਉਹ (ਅੰਦਰ ਬਾਹਰ ਹਰ ਥਾਂ) ਵਿਖਾ ਦਿੱਤਾ ਹੈ ।੫।੨੦।

ਆਸਾ ਮਹਲਾ ੧ ॥ ਸੇਵਕੁ ਦਾਸੁ ਭਗਤੁ ਜਨੁ ਸੋਈ ॥ ਠਾਕੁਰ ਕਾ ਦਾਸੁ ਗੁਰਮੁਖਿ ਹੋਈ ॥ ਜਿਨਿ ਸਿਰਿ ਸਾਜੀ ਤਿਨਿ ਫੁਨਿ ਗੋਈ ॥ ਤਿਸੁ ਬਿਨੁ ਦੂਜਾ ਅਵਰੁ ਨ ਕੋਈ ॥੧॥ ਸਾਚੁ ਨਾਮੁ ਗੁਰ ਸਬਦਿ ਵੀਚਾਰਿ ॥ ਗੁਰਮੁਖਿ ਸਾਚੇ ਸਾਚੈ ਦਰਬਾਰਿ ॥੧॥ ਰਹਾਉ ॥ ਸਚਾ ਅਰਜੁ ਸਚੀ ਅਰਦਾਸਿ ॥ ਮਹਲੀ ਖਸਮੁ ਸੁਣੇ ਸਾਬਾਸਿ ॥ ਸਚੈ ਤਖਤਿ ਬੁਲਾਵੈ ਸੋਇ ॥ ਦੇ ਵਡਿਆਈ ਕਰੇ ਸੁ ਹੋਇ ॥੨॥ ਤੇਰਾ ਤਾਣੁ ਤੂਹੈ ਦੀਬਾਣੁ ॥ ਗੁਰ ਕਾ ਸਬਦੁ ਸਚੁ ਨੀਸਾਣੁ ॥ ਮੰਨੇ ਹੁਕਮੁ ਸੁ ਪਰਗਟੁ ਜਾਇ ॥ ਸਚੁ ਨੀਸਾਣੈ ਠਾਕ ਨ ਪਾਇ ॥੩॥ ਪੰਡਿਤ ਪੜਹਿ ਵਖਾਣਹਿ ਵੇਦੁ ॥ ਅੰਤਰਿ ਵਸਤੁ ਨ ਜਾਣਹਿ ਭੇਦੁ ॥ ਗੁਰ ਬਿਨੁ ਸੋਝੀ ਬੂਝ ਨ ਹੋਇ ॥ ਸਾਚਾ ਰਵਿ ਰਹਿਆ ਪ੍ਰਭੁ ਸੋਇ ॥੪॥ ਕਿਆ ਹਉ ਆਖਾ ਆਖਿ ਵਖਾਣੀ ॥ ਤੂੰ ਆਪੇ ਜਾਣਹਿ ਸਰਬ ਵਿਡਾਣੀ ॥ ਨਾਨਕ ਏਕੋ ਦਰੁ ਦੀਬਾਣੁ ॥ ਗੁਰਮੁਖਿ ਸਾਚੁ ਤਹਾ ਗੁਦਰਾਣੁ ॥੫॥੨੧॥ {ਪੰਨਾ 355}

ਪਦਅਰਥ:- ਗੁਰਮੁਖਿ—ਗੁਰੂ ਵਲ ਮੂੰਹ ਰੱਖਣ ਵਾਲਾ, ਜੋ ਗੁਰੂ ਦੇ ਸਨਮੁਖ ਰਹੇ, ਗੁਰੂ ਦੇ ਦੱਸੇ ਰਾਹ ਤੇ ਤੁਰਨ ਵਾਲਾ । ਜਿਨਿ—ਜਿਸ ਪ੍ਰਭੂ ਨੇ । ਸਿਰਿ—ਸ੍ਰਿਸ਼ਟੀ । ਫੁਨਿ—ਮੁੜ । ਗੋਈ—ਨਾਸ ਕੀਤੀ ।੧।

ਸਬਦਿ—ਸ਼ਬਦ ਦੀ ਰਾਹੀਂ । ਵਿਚਾਰਿ—ਵੀਚਾਰ ਕੇ । ਸਾਚੇ—ਸੁਰਖ਼ਰੂ । ਦਰਬਾਰਿ—ਦਰਬਾਰ ਵਿਚ ।੧।ਰਹਾਉ।

ਅਰਜੁ—ਅਰਜ਼ੋਈ, ਬੇਨਤੀ । ਤਖਤਿ—ਤਖ਼ਤ ਉਤੇ । ਕਰੇ ਸੁ ਹੋਇ—ਸਭ ਕੁਝ ਕਰਨ ਦੇ ਸਮਰੱਥ ।੨।

ਤਾਣੁ—ਤਾਕਤ । ਦੀਬਾਣੁ—ਆਸਰਾ । ਨੀਸਾਣੁ—ਪਰਵਾਨਾ, ਰਾਹਦਾਰੀ । ਪਰਗਟੁ—ਮਸ਼ਹੂਰ, ਆਦਰ ਪਾ ਕੇ । ਨੀਸਾਣੈ—ਰਾਹਦਾਰੀ ਦੇ ਕਾਰਨ । ਠਾਕ—ਰੋਕ ।੩।

ਵਖਾਣਹਿ—ਵਖਿਆਨ ਕਰਦੇ ਹਨ, ਸਮਝਾਂਦੇ ਹਨ । ਬੂਝ—ਸਮਝ । ਰਵਿ ਰਹਿਆ—ਵਿਆਪਕ ਹੈ ।੪।

ਹਉ—ਮੈਂ । ਆਖਿ—ਆਖ ਕੇ । ਸਰਬ ਵਿਡਾਣੀ—ਹੇ ਸਾਰੇ ਅਸਚਰਜ ਕੌਤਕ ਕਰਨ ਵਾਲੇ! ਗੁਦਰਾਣੁ—ਗੁਜ਼ਰਾਨ, ਜ਼ਿੰਦਗੀ ਦਾ ਸਹਾਰਾ {ਨੋਟ:- ਜਿਵੇਂ ਲਫ਼ਜ਼ 'ਕਾਜ਼ੀ' ਦਾ ਦੂਜਾ ਉਚਾਰਨ 'ਕਾਦੀ' ਹੈ, ਜਿਵੇਂ ਲਫ਼ਜ਼ 'ਨਜ਼ਰਿ' ਦਾ ਦੂਜਾ 'ਨਦਰਿ' ਹੈ, ਤਿਵੇਂ ਲਫ਼ਜ਼ 'ਗੁਜਰਾਣੁ' ਅਤੇ 'ਗੁਦਰਾਣੁ' ਹਨ} ।੫।

ਅਰਥ:- ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦਾ ਸਦਾ-ਥਿਰ ਨਾਮ ਵਿਚਾਰ ਕੇ ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦੇ ਸਦਾ-ਅਟੱਲ ਪ੍ਰਭੂ ਦੇ ਦਰਬਾਰ ਵਿਚ ਸੁਰਖ਼ਰੂ ਹੁੰਦੇ ਹਨ ।੧।ਰਹਾਉ।

ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਹੀ ਪਰਮਾਤਮਾ ਦਾ ਦਾਸ ਬਣਦਾ ਹੈ, ਉਹੀ ਮਨੁੱਖ (ਅਸਲ) ਸੇਵਕ ਹੈ ਦਾਸ ਹੈ ਭਗਤ ਹੈ, (ਉਸ ਨੂੰ ਇਹ ਸਦਾ ਯਕੀਨ ਰਹਿੰਦਾ ਹੈ ਕਿ) ਜਿਸ ਪ੍ਰਭੂ ਨੇ ਇਹ ਸ੍ਰਿਸ਼ਟੀ ਰਚੀ ਹੈ ਉਹੀ ਇਸ ਨੂੰ ਮੁੜ ਨਾਸ ਕਰਦਾ ਹੈ, ਉਸ ਤੋਂ ਬਿਨਾ ਕੋਈ ਦੂਜਾ ਉਸ ਵਰਗਾ ਨਹੀਂ ਹੈ ।੧।

ਗੁਰੂ ਦੇ ਸਨਮੁਖ ਰਹਿ ਕੇ ਕੀਤੀ ਹੋਈ ਅਰਜ਼ੋਈ ਤੇ ਅਰਦਾਸ ਹੀ ਅਸਲ (ਅਰਜ਼ੋਈ ਅਰਦਾਸ) ਹੈ, ਮਹਲ ਦਾ ਮਾਲਕ ਖਸਮ-ਪ੍ਰਭੂ ਉਸ ਅਰਦਾਸ ਨੂੰ ਸੁਣਦਾ ਹੈ ਤੇ ਆਦਰ ਦੇਂਦਾ ਹੈ (ਸ਼ਾਬਾਸ਼ ਆਖਦਾ ਹੈ), ਆਪਣੇ ਸਦਾ-ਅਟੱਲ ਤਖ਼ਤ ਉਤੇ (ਬੈਠਾ ਹੋਇਆ ਪ੍ਰਭੂ) ਉਸ ਸੇਵਕ ਨੂੰ ਸੱਦਦਾ ਹੈ, ਤੇ ਉਹ ਸਭ ਕੁਝ ਕਰਨ ਦੇ ਸਮਰੱਥ ਪ੍ਰਭੂ ਉਸ ਨੂੰ ਮਾਣ-ਆਦਰ ਦੇਂਦਾ ਹੈ ।੨।

(ਹੇ ਪ੍ਰਭੂ!) ਗੁਰਮੁਖਿ ਨੂੰ ਤੇਰਾ ਹੀ ਤਾਣ ਹੈ ਤੇਰਾ ਹੀ ਆਸਰਾ ਹੈ, ਗੁਰੂ ਦਾ ਸ਼ਬਦ ਹੀ ਉਸ ਦੇ ਪਾਸ ਸਦਾ-ਥਿਰ ਰਹਿਣ ਵਾਲਾ ਪਰਵਾਨਾ ਹੈ, ਗੁਰਮੁਖਿ ਪਰਮਾਤਮਾ ਦੀ ਰਜ਼ਾ ਨੂੰ (ਸਿਰ ਮੱਥੇ ਤੇ) ਮੰਨਦਾ ਹੈ, ਜਗਤ ਵਿਚ ਸੋਭਾ ਖੱਟ ਕੇ ਜਾਂਦਾ ਹੈ, ਗੁਰ-ਸ਼ਬਦ ਦੀ ਸੱਚੀ ਰਾਹਦਾਰੀ ਦੇ ਕਾਰਨ ਉਸ ਦੀ ਜ਼ਿੰਦਗੀ ਦੇ ਰਸਤੇ ਵਿਚ ਕੋਈ ਵਿਕਾਰ ਰੋਕ ਨਹੀਂ ਪਾਂਦਾ ।੩।

ਪੰਡਿਤ ਲੋਕ ਵੇਦ ਪੜ੍ਹਦੇ ਹਨ ਤੇ ਹੋਰਨਾਂ ਨੂੰ ਵਿਆਖਿਆ ਕਰ ਕੇ ਸੁਣਾਂਦੇ ਹਨ, ਪਰ (ਨਿਰੀ ਵਿੱਦਿਆ ਦੇ ਮਾਣ ਵਿਚ ਰਹਿ ਕੇ) ਇਹ ਭੇਦ ਨਹੀਂ ਜਾਣਦੇ ਕਿ ਪਰਮਾਤਮਾ ਦਾ ਨਾਮ-ਪਦਾਰਥ ਅੰਦਰ ਹੀ ਮੌਜੂਦ ਹੈ । ਸਦਾ-ਥਿਰ ਪ੍ਰਭੂ ਹਰੇਕ ਦੇ ਅੰਦਰ ਵਿਆਪਕ ਹੈ, ਪਰ ਇਹ ਸਮਝ ਗੁਰੂ ਦੀ ਸਰਨ ਪੈਣ ਤੋਂ ਬਿਨਾ ਨਹੀਂ ਆਉਂਦੀ ।੪।

ਹੇ ਚੋਜੀ ਪ੍ਰਭੂ! ਗੁਰੂ ਦੇ ਸਨਮੁਖ ਰਹਿਣ ਦਾ ਮੈਂ ਕੀਹ ਜ਼ਿਕਰ ਕਰਾਂ? ਕੀਹ ਆਖ ਕੇ ਸੁਣਾਵਾਂ? ਤੂੰ (ਇਸ ਭੇਦ ਨੂੰ) ਆਪ ਹੀ ਜਾਣਦਾ ਹੈਂ ।

ਹੇ ਨਾਨਕ! ਗੁਰਮੁਖਿ ਵਾਸਤੇ ਪ੍ਰਭੂ ਦਾ ਹੀ ਇਕ ਦਰਵਾਜ਼ਾ ਹੈ ਆਸਰਾ ਹੈ ਜਿਥੇ ਗੁਰੂ ਦੇ ਸਨਮੁਖ ਰਹਿ ਕੇ ਸਿਮਰਨ ਕਰਨਾ ਉਸ ਦੀ ਜ਼ਿੰਦਗੀ ਦਾ ਸਹਾਰਾ ਬਣਿਆ ਰਹਿੰਦਾ ਹੈ ।੫।੨੧।

ਆਸਾ ਮਹਲਾ ੧ ॥ ਕਾਚੀ ਗਾਗਰਿ ਦੇਹ ਦੁਹੇਲੀ ਉਪਜੈ ਬਿਨਸੈ ਦੁਖੁ ਪਾਈ ॥ ਇਹੁ ਜਗੁ ਸਾਗਰੁ ਦੁਤਰੁ ਕਿਉ ਤਰੀਐ ਬਿਨੁ ਹਰਿ ਗੁਰ ਪਾਰਿ ਨ ਪਾਈ ॥੧॥ ਤੁਝ ਬਿਨੁ ਅਵਰੁ ਨ ਕੋਈ ਮੇਰੇ ਪਿਆਰੇ ਤੁਝ ਬਿਨੁ ਅਵਰੁ ਨ ਕੋਇ ਹਰੇ ॥ ਸਰਬੀ ਰੰਗੀ ਰੂਪੀ ਤੂੰਹੈ ਤਿਸੁ ਬਖਸੇ ਜਿਸੁ ਨਦਰਿ ਕਰੇ ॥੧॥ ਰਹਾਉ ॥ ਸਾਸੁ ਬੁਰੀ ਘਰਿ ਵਾਸੁ ਨ ਦੇਵੈ ਪਿਰ ਸਿਉ ਮਿਲਣ ਨ ਦੇਇ ਬੁਰੀ ॥ ਸਖੀ ਸਾਜਨੀ ਕੇ ਹਉ ਚਰਨ ਸਰੇਵਉ ਹਰਿ ਗੁਰ ਕਿਰਪਾ ਤੇ ਨਦਰਿ ਧਰੀ ॥੨॥ ਆਪੁ ਬੀਚਾਰਿ ਮਾਰਿ ਮਨੁ ਦੇਖਿਆ ਤੁਮ ਸਾ ਮੀਤੁ ਨ ਅਵਰੁ ਕੋਈ ॥ ਜਿਉ ਤੂੰ ਰਾਖਹਿ ਤਿਵ ਹੀ ਰਹਣਾ ਦੁਖੁ ਸੁਖੁ ਦੇਵਹਿ ਕਰਹਿ ਸੋਈ ॥੩॥ ਆਸਾ ਮਨਸਾ ਦੋਊ ਬਿਨਾਸਤ ਤ੍ਰਿਹੁ ਗੁਣ ਆਸ ਨਿਰਾਸ ਭਈ ॥ ਤੁਰੀਆਵਸਥਾ ਗੁਰਮੁਖਿ ਪਾਈਐ ਸੰਤ ਸਭਾ ਕੀ ਓਟ ਲਹੀ ॥੪॥ ਗਿਆਨ ਧਿਆਨ ਸਗਲੇ ਸਭਿ ਜਪ ਤਪ ਜਿਸੁ ਹਰਿ ਹਿਰਦੈ ਅਲਖ ਅਭੇਵਾ ॥ ਨਾਨਕ ਰਾਮ ਨਾਮਿ ਮਨੁ ਰਾਤਾ ਗੁਰਮਤਿ ਪਾਏ ਸਹਜ ਸੇਵਾ ॥੫॥੨੨॥ {ਪੰਨਾ 355-356}

ਪਦਅਰਥ:- ਕਾਚੀ ਗਾਗਰਿ—ਕੱਚਾ ਘੜਾ । ਦੇਹ—ਸਰੀਰ । ਦੁਹੇਲੀ—ਦੁਖਾਲੀ, ਦੁਖਾਲਯ, ਦੁੱਖਾਂ ਦਾ ਘਰ

ਬਣੀ ਹੋਈ । ਦੁਤਰੁ—ਜਿਸ ਨੂੰ ਤਰਨਾ ਔਖਾ ਹੈ ।੧।

ਹਰੇ—ਹੇ ਹਰੀ! ਰੰਗੀ ਰੂਪੀ—ਰੰਗਾਂ ਵਿਚ ਰੂਪਾਂ ਵਿਚ ।੧।ਰਹਾਉ।

ਸਾਸੁ—ਸੱਸ, ਮਾਇਆ {ਨੋਟ:- ਲਫ਼ਜ਼ 'ਸਾਸੁ' ਸੰਸਕ੍ਰਿਤ ਦਾ ਲਫ਼ਜ਼ (Óvœ) ਸ੍ਵਸ਼੍ਰੂ ਹੈ । ੁ ਅੰਤ ਵਿਚ ਹੋਣ ਕਰਕੇ ਵੇਖਣ ਨੂੰ ਪੁਲਿੰਗ ਜਾਪਦਾ ਹੈ, ਪਰ ਹੈ ਇਸਤ੍ਰੀਲਿੰਗ} । ਘਰਿ—ਘਰ ਵਿਚ । ਬੁਰੀ—ਚੰਦਰੀ । ਸਖੀ ਸਾਜਨੀ—ਸਜਨੀਆਂ ਸਹੇਲੀਆਂ, ਸਤਸੰਗੀ । ਹਉ—ਮੈਂ । ਸਰੇਵਉ—ਮੈਂ ਸੇਵਾ ਕਰਦੀ ਹਾਂ ।੨।

ਆਪੁ—ਆਪਣੇ ਆਪ ਨੂੰ । ਮਾਰਿ—ਮਾਰ ਕੇ । ਕਰਹਿ—ਤੂੰ ਕਰਦਾ ਹੈਂ ।੩।

ਆਸਾ—ਉਮੀਦ । ਮਨਸਾ—ਮਨ ਦਾ ਫੁਰਨਾ, ਤਾਂਘ, ਲਾਲਸਾ । ਤੁਰੀਆਵਸਥਾ—ਉਹ ਆਤਮਕ ਹਾਲਤ ਜਿਥੇ ਮਾਇਆ ਪੋਹ ਨਹੀਂ ਸਕਦੀ ।੪।

ਗਿਆਨ—ਧਰਮ-ਚਰਚਾ । ਧਿਆਨ—ਸਮਾਧੀਆਂ । ਸਭਿ—ਸਾਰੇ । ਅਲਖ—ਜਿਸ ਦੇ ਗੁਣ ਬਿਆਨ ਨ ਹੋ ਸਕਣ । ਅਭੇਵ—ਜਿਸ ਦਾ ਭੇਦ ਨ ਪਾਇਆ ਜਾ ਸਕੇ । ਨਾਮਿ—ਨਾਮ ਵਿਚ । ਸੇਵਾ—ਸਿਮਰਨ । ਸਹਜ ਸੇਵਾ—ਅਡੋਲ ਅਵਸਥਾ ਵਿਚ ਟਿਕ ਕੇ ਸਿਮਰਨ ।੫।

ਅਰਥ:- {ਨੋਟ:- ਦਰਿਆਵਾਂ ਦੇ ਕੰਢਿਆਂ ਦੇ ਤਾਰੂ ਬੰਦੇ ਹੜ੍ਹਾਂ ਦੀ ਰੁੱਤੇ ਪੱਕੇ ਘੜੇ ਦਾ ਆਸਰਾ ਲੈ ਕੇ ਦਰਿਆ ਤੋਂ ਪਾਰ ਲੰਘ ਜਾਂਦੇ ਹਨ । ਰਾਵੀ ਦੇ ਕੰਢੇ ਰਹਿੰਦਿਆਂ ਇਹ ਅੱਖੀਂ ਵੇਖਿਆ ਨਜ਼ਾਰਾ ਇਥੇ ਦ੍ਰਿਸ਼ਟਾਂਤ ਦੇ ਤੌਰ ਤੇ ਵਰਤਦੇ ਹਨ} ।

(ਨਿੱਤ ਵਿਕਾਰਾਂ ਵਿਚ ਖਚਿਤ ਰਹਿਣ ਕਰਕੇ) ਇਹ ਸਰੀਰ ਦੁੱਖਾਂ ਦਾ ਘਰ ਬਣਿਆ ਪਿਆ ਹੈ (ਵਿਕਾਰਾਂ ਦੇ ਅਸਰ ਹੇਠੋਂ ਨਹੀਂ ਨਿਕਲਦਾ) ਤੇ ਕੱਚੇ ਘੜੇ ਸਮਾਨ ਹੈ (ਜੋ ਤੁਰਤ ਪਾਣੀ ਵਿਚ ਗਲ ਜਾਂਦਾ ਹੈ), ਪੈਦਾ ਹੁੰਦਾ ਹੈ, (ਸਾਰੀ ਉਮਰ) ਦੁੱਖ ਪਾਂਦਾ ਹੈ ਤੇ ਫਿਰ ਨਾਸ ਹੋ ਜਾਂਦਾ ਹੈ (ਇਕ ਪਾਸੇ ਤਾਂ ਕੱਚੇ ਘੜੇ ਵਰਗਾ ਇਹ ਸਰੀਰ ਹੈ, ਦੂਜੇ ਪਾਸੇ) ਇਹ ਜਗਤ ਇਕ ਐਸਾ ਸਮੁੰਦਰ ਹੈ ਜਿਸ ਤੋਂ ਪਾਰ ਲੰਘਣਾ ਬਹੁਤ ਔਖਾ ਹੈ, (ਇਸ ਵਿਕਾਰ-ਭਰੇ ਸਰੀਰ ਦਾ ਆਸਰਾ ਲੈ ਕੈ) ਇਸ ਵਿਚੋਂ ਤਰਿਆ ਨਹੀਂ ਜਾ ਸਕਦਾ, ਗੁਰੂ ਪਰਮਾਤਮਾ ਦਾ ਆਸਰਾ ਲੈਣ ਤੋਂ ਬਿਨਾ ਪਾਰ ਨਹੀਂ ਲੰਘ ਸਕੀਦਾ ।੧।

ਹੇ ਮੇਰੇ ਪਿਆਰੇ ਹਰੀ! ਮੇਰਾ ਤੈਥੋਂ ਬਿਨਾ ਹੋਰ ਕੋਈ (ਆਸਰਾ) ਨਹੀਂ, ਤੈਥੋਂ ਬਿਨਾ ਮੇਰਾ ਕੋਈ ਨਹੀਂ । ਤੂੰ ਸਾਰੇ ਰੰਗਾਂ ਵਿਚ ਸਾਰੇ ਰੂਪਾਂ ਵਿਚ ਮੌਜੂਦ ਹੈਂ । (ਹੇ ਭਾਈ!) ਜਿਸ ਜੀਵ ਉਤੇ ਮੇਹਰ ਦੀ ਨਜ਼ਰ ਕਰਦਾ ਹੈ ਉਸ ਨੂੰ ਬਖ਼ਸ਼ ਲੈਂਦਾ ਹੈ ।੧।ਰਹਾਉ।

(ਮੇਰਾ ਪ੍ਰਭੂ-ਪਤੀ ਮੇਰੇ ਹਿਰਦੇ-ਘਰ ਵਿਚ ਹੀ ਵੱਸਦਾ ਹੈ, ਪਰ) ਇਹ ਭੈੜੀ ਸੱਸ (ਮਾਇਆ) ਮੈਨੂੰ ਹਿਰਦੇ-ਘਰ ਵਿਚ ਟਿਕਣ ਹੀ ਨਹੀਂ ਦੇਂਦੀ (ਭਾਵ, ਮੇਰੇ ਮਨ ਨੂੰ ਸਦਾ ਬਾਹਰ ਮਾਇਕ ਪਦਾਰਥਾਂ ਦੇ ਪਿੱਛੇ ਭਜਾਈ ਫਿਰਦੀ ਹੈ) ਇਹ ਚੰਦਰੀ ਮੈਨੂੰ ਪਤੀ ਨਾਲ ਮਿਲਣ ਨਹੀਂ ਦੇਂਦੀ । (ਇਸ ਚੰਦਰੀ ਤੋਂ ਬਚਣ ਲਈ) ਮੈਂ ਸਤਸੰਗੀ ਸਹੇਲੀਆਂ ਦੇ ਚਰਨਾਂ ਦੀ ਸੇਵਾ ਕਰਦੀ ਹਾਂ (ਸਤਸੰਗ ਵਿਚ ਗੁਰੂ ਮਿਲਦਾ ਹੈ), ਗੁਰੂ ਦੀ ਕਿਰਪਾ ਨਾਲ ਪਤੀ-ਪ੍ਰਭੂ ਮੇਰੇ ਤੇ ਮੇਹਰ ਦੀ ਨਜ਼ਰ ਕਰਦਾ ਹੈ ।੨।

ਹੇ ਪ੍ਰਭੂ! (ਗੁਰੂ ਦੀ ਕਿਰਪਾ ਨਾਲ) ਜਦੋਂ ਮੈਂ ਆਪਣੇ ਆਪ ਨੂੰ ਸਵਾਰ ਕੇ ਆਪਣਾ ਮਨ ਮਾਰ ਕੇ ਵੇਖਿਆ ਤਾਂ (ਮੈਨੂੰ ਦਿੱਸ ਪਿਆ ਕਿ) ਤੇਰੇ ਵਰਗਾ ਮਿੱਤ੍ਰ ਹੋਰ ਕੋਈ ਨਹੀਂ ਹੈ । ਸਾਨੂੰ ਜੀਵਾਂ ਨੂੰ ਤੂੰ ਜਿਸ ਹਾਲਤ ਵਿਚ ਰੱਖਦਾ ਹੈਂ, ਉਸੇ ਹਾਲਤ ਵਿਚ ਹੀ ਅਸੀ ਰਹਿ ਸਕਦੇ ਹਾਂ । ਦੁਖ ਭੀ ਤੂੰ ਹੀ ਦੇਂਦਾ ਹੈਂ, ਸੁਖ ਭੀ ਤੂੰ ਹੀ ਦੇਂਦਾ ਹੈਂ । ਜੋ ਕੁਝ ਤੂੰ ਕਰਦਾ ਹੈਂ; ਉਹੀ ਹੁੰਦਾ ਹੈ ।੩।

ਗੁਰੂ ਦੀ ਸਰਨ ਪਿਆਂ ਹੀ ਮਾਇਆ ਵਾਲੀ ਆਸ ਤੇ ਲਾਲਸਾ ਮਿਟਦੀਆਂ ਹਨ, ਤ੍ਰਿਗੁਣੀ ਮਾਇਆ ਦੀਆਂ ਆਸਾਂ ਤੋਂ ਨਿਰਲੇਪ ਰਹਿ ਸਕੀਦਾ ਹੈ । ਜਦੋਂ ਸਤਸੰਗ ਦਾ ਆਸਰਾ ਲਈਏ, ਜਦੋਂ ਗੁਰੂ ਦੇ ਦੱਸੇ ਹੋਏ ਰਾਹੇ ਤੁਰੀਏ, ਤਦੋਂ ਹੀ ਉਹ ਆਤਮਕ ਅਵਸਥਾ ਬਣਦੀ ਹੈ ਜਿਥੇ ਮਾਇਆ ਪੋਹ ਨ ਸਕੇ ।੪।

ਜਿਸ ਮਨੁੱਖ ਦੇ ਹਿਰਦੇ ਵਿਚ ਅਲੱਖ ਤੇ ਅਭੇਵ ਪਰਮਾਤਮਾ ਵੱਸ ਪਏ, ਉਸ ਨੂੰ ਮਾਨੋ ਸਾਰੇ ਜਪ ਤਪ ਗਿਆਨ ਧਿਆਨ ਪ੍ਰਾਪਤ ਹੋ ਗਏ । ਹੇ ਨਾਨਕ! ਗੁਰੂ ਦੀ ਮਤਿ ਤੇ ਤੁਰਿਆਂ ਮਨ ਪ੍ਰਭੂ ਦੇ ਨਾਮ ਵਿਚ ਰੰਗਿਆ ਜਾਂਦਾ ਹੈ; ਮਨ ਅਡੋਲ ਅਵਸਥਾ ਵਿਚ ਟਿਕ ਕੇ ਸਿਮਰਨ ਕਰਦਾ ਹੈ ।੫।੨੨।

ਆਸਾ ਮਹਲਾ ੧ ਪੰਚਪਦੇ॰ ॥ ਮੋਹੁ ਕੁਟੰਬੁ ਮੋਹੁ ਸਭ ਕਾਰ ॥ ਮੋਹੁ ਤੁਮ ਤਜਹੁ ਸਗਲ ਵੇਕਾਰ ॥੧॥ ਮੋਹੁ ਅਰੁ ਭਰਮੁ ਤਜਹੁ ਤੁਮ੍ਹ ਬੀਰ ॥ ਸਾਚੁ ਨਾਮੁ ਰਿਦੇ ਰਵੈ ਸਰੀਰ ॥੧॥ ਰਹਾਉ ॥ ਸਚੁ ਨਾਮੁ ਜਾ ਨਵ ਨਿਧਿ ਪਾਈ ॥ ਰੋਵੈ ਪੂਤੁ ਨ ਕਲਪੈ ਮਾਈ ॥੨॥ ਏਤੁ ਮੋਹਿ ਡੂਬਾ ਸੰਸਾਰੁ ॥ ਗੁਰਮੁਖਿ ਕੋਈ ਉਤਰੈ ਪਾਰਿ ॥੩॥ ਏਤੁ ਮੋਹਿ ਫਿਰਿ ਜੂਨੀ ਪਾਹਿ ॥ ਮੋਹੇ ਲਾਗਾ ਜਮ ਪੁਰਿ ਜਾਹਿ ॥੪॥ ਗੁਰ ਦੀਖਿਆ ਲੇ ਜਪੁ ਤਪੁ ਕਮਾਹਿ ॥ ਨਾ ਮੋਹੁ ਤੂਟੈ ਨਾ ਥਾਇ ਪਾਹਿ ॥੫॥ ਨਦਰਿ ਕਰੇ ਤਾ ਏਹੁ ਮੋਹੁ ਜਾਇ ॥ ਨਾਨਕ ਹਰਿ ਸਿਉ ਰਹੈ ਸਮਾਇ ॥੬॥੨੩॥ {ਪੰਨਾ 356}

ਨੋਟ:- ਸ਼ਬਦ ਨੰ: ੧੯ ਦਾ ਸਿਰਲੇਖ ਸੀ "ਪੰਚ ਪਦੇ" । ਸੋ, ਸ਼ਬਦ ਨੰ: ੨੪ ਤਕ 'ਪੰਚ ਪਦੇ' ਹੀ ਹਨ । ਪਰ ਇਥੇ ਫਿਰ ਸਿਰਲੇਖ ਆ ਗਿਆ "ਪੰਚ ਪਦੇ" । ਇਹ 'ਪੰਚਪਦੇ' ਉਸ ਸੰਗ੍ਰਹ ਦਾ ਹਿੱਸਾ ਹੀ ਹਨ, ਉਂਵ ਇਹਨਾਂ ਦੇ 'ਬੰਦ' ਛੋਟੇ ਹਨ । ਇਹ ਸ਼ਬਦ ਨੰ: ੨੩ ਛੇ ਬੰਦਾਂ ਦਾ ਹੈ, ਪਰ ਸਿਰਲੇਖ ਆਮ ਤੌਰ ਤੇ ਚਉਪਦੇ ਪੰਚਪਦੇ ਦੁਪਦੇ ਹੀ ਹਨ । 'ਛੇਪਦਾ' ਸਿਰਲੇਖ ਕਦੇ ਨਹੀਂ ਵਰਤਿਆ ਗਿਆ । ਸੋ, ਇਸ ਨੂੰ 'ਪੰਚਪਦਾ' ਹੀ ਕਿਹਾ ਗਿਆ ਹੈ ।

ਪਦਅਰਥ:- ਕੁਟੰਬੁ—ਪਰਵਾਰ, ਪਰਵਾਰ ਦੀ ਮਮਤਾ ।੧।

ਬੀਰ—ਹੇ ਵੀਰ! ਹੇ ਭਾਈ! ਸਰੀਰ—(ਭਾਵ,) ਮਨੁੱਖ । ਰਵੈ—ਸਿਮਰਦਾ ਹੈ ।੧।ਰਹਾਉ।

ਜਾ—ਜਦੋਂ । ਨਵਨਿਧਿ—ਨੌ ਖ਼ਜ਼ਾਨੇ । ਪੂਤੁ—ਮਾਇਆ ਦਾ ਪੁੱਤਰ ਮਨ, ਮਾਇਆ-ਵੇੜ੍ਹਿਆ ਮਨ । ਮਾਈ-ਮਾਇਆ (ਦੀ ਖ਼ਾਤਰ) ।੨।

ਏਤੁ—ਇਸ ਵਿਚ । ਮੋਹਿ—ਮੋਹ ਵਿਚ । ਏਤੁ ਮੋਹਿ—ਇਸ ਮੋਹ ਵਿਚ ।੩।

ਪਾਹਿ—ਤੂੰ ਪਏਂਗਾ । ਜਮਪੁਰਿ—ਜਮ ਦੇ ਦੇਸ਼ ਵਿਚ । ਜਾਹਿ—ਤੂੰ ਜਾਵੇਂਗਾ ।੪।

ਦੀਖਿਆ—ਸਿੱਖਿਆ । ਕਮਾਹਿ—ਲੋਕ ਕਮਾਂਦੇ ਹਨ । ਥਾਇ ਪਾਹਿ—ਕਬੂਲ ਹੁੰਦੇ ਹਨ ।੫।

ਰਹੈ ਸਮਾਇ—ਲੀਨ ਹੋਇਆ ਰਹਿੰਦਾ ਹੈ ।੬।

ਅਰਥ:- ਹੇ ਭਾਈ! (ਦੁਨੀਆ ਦਾ) ਮੋਹ ਛੱਡ ਅਤੇ ਮਨ ਦੀ ਭਟਕਣਾ ਦੂਰ ਕਰ । (ਮੋਹ ਤਿਆਗਿਆਂ ਹੀ) ਮਨੁੱਖ ਪਰਮਾਤਮਾ ਦਾ ਅਟੱਲ ਨਾਮ ਹਿਰਦੇ ਵਿਚ ਸਿਮਰ ਸਕਦਾ ਹੈ ।੧।ਰਹਾਉ।

(ਹੇ ਭਾਈ!) ਮੋਹ (ਮਨੁੱਖ ਦੇ ਮਨ ਵਿਚ) ਪਰਵਾਰ ਦੀ ਮਮਤਾ ਪੈਦਾ ਕਰਦਾ ਹੈ, ਮੋਹ (ਜਗਤ ਦੀ) ਸਾਰੀ ਕਾਰ ਚਲਾ ਰਿਹਾ ਹੈ, (ਪਰ ਮੋਹ ਹੀ) ਵਿਕਾਰ ਪੈਦਾ ਕਰਦਾ ਹੈ, (ਇਸ ਵਾਸਤੇ) ਮੋਹ ਨੂੰ ਛੱਡ ।੧।

ਜਦੋਂ ਮਨੁੱਖ ਪਰਮਾਤਮਾ ਦਾ ਸਦਾ-ਥਿਰ ਨਾਮ (-ਰੂਪ) ਨੌ-ਨਿਧਿ ਪ੍ਰਾਪਤ ਕਰ ਲੈਂਦਾ ਹੈ (ਤਾਂ ਉਸ ਦਾ ਮਨ ਮਾਇਆ ਦਾ ਪੁੱਤਰ ਨਹੀਂ ਬਣਿਆ ਰਹਿੰਦਾ, ਫਿਰ) ਮਨ ਮਾਇਆ ਦੀ ਖ਼ਾਤਰ ਰੋਂਦਾ ਨਹੀਂ ਕਲਪਦਾ ਨਹੀਂ ।੨।

ਇਹ ਮੋਹ ਵਿਚ ਸਾਰਾ ਜਗਤ ਡੁੱਬਾ ਪਿਆ ਹੈ, ਕੋਈ ਵਿਰਲਾ ਮਨੁੱਖ ਜੋ ਗੁਰੂ ਦੇ ਦੱਸੇ ਰਸਤੇ ਤੇ ਤੁਰਦਾ ਹੈ (ਮੋਹ ਦੇ ਸਮੁੰਦਰ ਵਿਚੋਂ) ਪਾਰ ਲੰਘਦਾ ਹੈ ।੩।

(ਹੇ ਭਾਈ!) ਇਸ ਮੋਹ ਵਿਚ (ਫਸਿਆ ਹੋਇਆ) ਤੂੰ ਮੁੜ ਮੁੜ ਜੂਨਾਂ ਵਿਚ ਪਏਂਗਾ, ਮੋਹ ਵਿਚ ਹੀ ਜਕੜਿਆ ਹੋਇਆ ਤੂੰ ਜਮਰਾਜ ਦੇ ਦੇਸ ਵਿਚ ਜਾਵੇਂਗਾ ।੪।

ਜੇਹੜੇ ਬੰਦੇ (ਰਿਵਾਜੀ) ਗੁਰੂ ਦੀ ਸਿੱਖਿਆ ਲੈ ਕੇ ਜਪ ਤਪ ਕਮਾਂਦੇ ਹਨ, ਉਹਨਾਂ ਦਾ ਮੋਹ ਟੁੱਟਦਾ ਨਹੀਂ, (ਇਹਨਾਂ ਜਪਾਂ ਤਪਾਂ ਨਾਲ) ਉਹ (ਪ੍ਰਭੂ ਦੀ ਹਜ਼ੂਰੀ ਵਿਚ) ਕਬੂਲ ਨਹੀਂ ਹੁੰਦੇ ।੫।

ਹੇ ਨਾਨਕ! ਜਿਸ ਮਨੁੱਖ ਉਤੇ ਪ੍ਰਭੂ ਮੇਹਰ ਦੀ ਨਜ਼ਰ ਕਰਦਾ ਹੈ, ਉਸ ਦਾ ਇਹ ਮੋਹ ਦੂਰ ਹੁੰਦਾ ਹੈ, ਉਹ ਸਦਾ ਪਰਮਾਤਮਾ (ਦੀ ਯਾਦ) ਵਿਚ ਲੀਨ ਰਹਿੰਦਾ ਹੈ ।੬।੨੩।

ਆਸਾ ਮਹਲਾ ੧ ॥ ਆਪਿ ਕਰੇ ਸਚੁ ਅਲਖ ਅਪਾਰੁ ॥ ਹਉ ਪਾਪੀ ਤੂੰ ਬਖਸਣਹਾਰੁ ॥੧॥ ਤੇਰਾ ਭਾਣਾ ਸਭੁ ਕਿਛੁ ਹੋਵੈ ॥ ਮਨਹਠਿ ਕੀਚੈ ਅੰਤਿ ਵਿਗੋਵੈ ॥੧॥ ਰਹਾਉ ॥ ਮਨਮੁਖ ਕੀ ਮਤਿ ਕੂੜਿ ਵਿਆਪੀ ॥ ਬਿਨੁ ਹਰਿ ਸਿਮਰਣ ਪਾਪਿ ਸੰਤਾਪੀ ॥੨॥ ਦੁਰਮਤਿ ਤਿਆਗਿ ਲਾਹਾ ਕਿਛੁ ਲੇਵਹੁ ॥ ਜੋ ਉਪਜੈ ਸੋ ਅਲਖ ਅਭੇਵਹੁ ॥੩॥ ਐਸਾ ਹਮਰਾ ਸਖਾ ਸਹਾਈ ॥ ਗੁਰ ਹਰਿ ਮਿਲਿਆ ਭਗਤਿ ਦ੍ਰਿੜਾਈ ॥੪॥ ਸਗਲੰੀ ਸਉਦੰੀ ਤੋਟਾ ਆਵੈ ॥ ਨਾਨਕ ਰਾਮ ਨਾਮੁ ਮਨਿ ਭਾਵੈ ॥੫॥੨੪॥ {ਪੰਨਾ 356}

ਪਦਅਰਥ:- ਸਚੁ—ਸਦਾ ਕਾਇਮ ਰਹਿਣ ਵਾਲਾ । ਅਲਖੁ—ਜਿਸ ਦਾ ਸਰੂਪ ਬਿਆਨ ਨ ਹੋ ਸਕੇ ।੧।

ਤੇਰਾ ਭਾਣਾ—ਜੋ ਕੁਝ ਤੈਨੂੰ ਚੰਗਾ ਲੱਗਦਾ ਹੈ । ਹਠਿ—ਹਠ ਨਾਲ । ਅੰਤਿ—ਆਖ਼ਰ ਨੂੰ । ਵਿਗੋਵੈ—ਖ਼ੁਆਰ ਹੁੰਦਾ ਹੈ ।੧।ਰਹਾਉ।

ਮਨਮੁਖ—ਜੋ ਆਪਣੇ ਮਨ ਦੇ ਪਿਛੇ ਤੁਰਦਾ ਹੈ । ਕੂੜਿ—ਕੂੜ ਵਿਚ, ਮਾਇਆ ਦੇ ਮੋਹ ਵਿਚ । ਵਿਆਪੀ—ਗ੍ਰਸੀ ਰਹਿੰਦੀ ਹੈ, ਫਸੀ ਰਹਿੰਦੀ ਹੈ । ਪਾਪਿ—ਪਾਪ ਦੇ ਕਾਰਨ । ਸੰਤਾਪੀ—ਦੁਖੀ ।੨।

ਦੁਰਮਤਿ—ਭੈੜੀ ਮਤਿ । ਤਿਆਗਿ—ਛੱਡ ਕੇ । ਲਾਹਾ—ਲਾਭ । ਅਭੇਵਹੁ—ਅਭੇਵ ਪ੍ਰਭੂ ਤੋਂ ।੩।

ਸਹਾਈ—ਮਦਦ ਕਰਨ ਵਾਲਾ । ਦ੍ਰਿੜਾਈ—ਮਨ ਵਿਚ ਪੱਕੀ ਕਰ ਦਿੱਤੀ ।੪।

ਸਉਦੰੀ—ਸੌਦਿਆਂ ਵਿਚ । ਤੋਟਾ—ਘਾਟਾ । ਮਨਿ—ਮਨ ਵਿਚ ।੫।

ਅਰਥ:- (ਜੋ ਕੁਝ ਜਗਤ ਵਿਚ ਹੋ ਰਿਹਾ ਹੈ) ਸਦਾ ਕਾਇਮ ਰਹਿਣ ਵਾਲਾ ਅਲੱਖ ਬੇਅੰਤ ਪਰਮਾਤਮਾ (ਸਭ ਜੀਵਾਂ ਵਿਚ ਵਿਆਪਕ ਹੋ ਕੇ) ਆਪ ਕਰ ਰਿਹਾ ਹੈ । (ਹੇ ਪ੍ਰਭੂ! ਇਹ ਅਟੱਲ ਨਿਯਮ ਭੁਲਾ ਕੇ) ਮੈਂ ਗੁਨਹਗਾਰ ਹਾਂ (ਪਰ ਫਿਰ ਭੀ) ਤੂੰ ਬਖ਼ਸ਼ਸ਼ ਕਰਨ ਵਾਲਾ ਹੈਂ ।੧।

ਜਗਤ ਵਿਚ ਜੋ ਕੁਝ ਹੁੰਦਾ ਹੈ ਸਭ ਕੁਝ ਉਹੀ ਹੁੰਦਾ ਹੈ ਜੋ (ਹੇ ਪ੍ਰਭੂ!) ਤੈਨੂੰ ਚੰਗਾ ਲੱਗਦਾ ਹੈ, (ਪਰ ਇਹ

ਅਟੱਲ ਸਚਾਈ ਵਿਸਾਰ ਕੇ) ਮਨੁੱਖ ਨਿਰੇ ਆਪਣੇ ਮਨ ਦੇ ਹਠ ਨਾਲ (ਭਾਵ, ਨਿਰੀ ਆਪਣੀ ਅਕਲ ਦਾ ਆਸਰਾ ਲੈ ਕੇ) ਕੰਮ ਕਰਨ ਤੇ ਆਖ਼ਰ ਖ਼ੁਆਰ ਹੁੰਦਾ ਹੈ ।੧।ਰਹਾਉ।

(ਨਿਰੇ) ਆਪਣੇ ਮਨ ਦੇ ਪਿਛੇ ਤੁਰਨ ਵਾਲੇ ਮਨੁੱਖ ਦੀ ਅਕਲ ਮਾਇਆ ਦੇ ਮੋਹ ਵਿਚ ਫਸੀ ਰਹਿੰਦੀ ਹੈ, (ਇਸ ਤਰ੍ਹਾਂ) ਪ੍ਰਭੂ ਦੇ ਸਿਮਰਨ ਤੋਂ ਖੁੰਝ ਕੇ (ਮਾਇਆ ਦੇ ਲਾਲਚ ਵਿਚ ਕੀਤੇ) ਕਿਸੇ ਮੰਦ-ਕਰਮ ਦੇ ਕਾਰਨ ਦੁਖੀ ਹੁੰਦੀ ਹੈ ।੨।

(ਹੇ ਭਾਈ! ਮਾਇਆ ਦੇ ਮੋਹ ਵਿਚ ਫਸੀ) ਭੈੜੀ ਮਤਿ ਤਿਆਗ ਕੇ ਕੁਝ ਆਤਮਕ ਲਾਭ ਭੀ ਖੱਟੋ, (ਇਹ ਯਕੀਨ ਲਿਆਵੋ ਕਿ) ਜੋ ਕੁਝ ਪੈਦਾ ਹੋਇਆ ਹੈ, ਉਸ ਅਲਖ ਤੇ ਅਭੇਦ ਪ੍ਰਭੂ ਤੋਂ ਹੀ ਪੈਦਾ ਹੋਇਆ ਹੈ (ਭਾਵ, ਪਰਮਾਤਮਾ ਸਭ ਕੁਝ ਕਰਨ ਦੇ ਸਮਰੱਥ ਹੈ) ।੩।

(ਅਸੀ ਜੀਵ ਮੁੜ ਮੁੜ ਭੁੱਲਦੇ ਹਾਂ ਤੇ ਆਪਣੀ ਅਕਲ ਤੇ ਮਾਣ ਕਰਦੇ ਹਾਂ, ਪਰ) ਸਾਡਾ ਮਿੱਤ੍ਰ ਪ੍ਰਭੂ ਸਦਾ ਸਹਾਇਤਾ ਕਰਨ ਵਾਲਾ ਹੈ (ਉਸ ਦੀ ਮੇਹਰ ਨਾਲ) ਜੋ ਮਨੁੱਖ ਗੁਰੂ ਨੂੰ ਮਿਲ ਪੈਂਦਾ ਹੈ, ਗੁਰੂ ਉਸ ਨੂੰ ਪਰਮਾਤਮਾ ਦੀ ਭਗਤੀ ਦੀ ਹੀ ਤਾਕੀਦ ਕਰਦਾ ਹੈ ।੪।

(ਪ੍ਰਭੂ ਦਾ ਸਿਮਰਨ ਵਿਸਾਰ ਕੇ) ਸਾਰੇ ਦੁਨਿਆਵੀ ਸੌਦਿਆਂ ਵਿਚ ਘਾਟਾ ਹੀ ਘਾਟਾ ਹੈ (ਉਮਰ ਵਿਅਰਥ ਗੁਜ਼ਰਦੀ ਜਾਂਦੀ ਹੈ); ਹੇ ਨਾਨਕ! (ਉਸ ਮਨੁੱਖ ਨੂੰ ਘਾਟਾ ਨਹੀਂ ਹੁੰਦਾ) ਜਿਸ ਦੇ ਮਨ ਵਿਚ ਪਰਮਾਤਮਾ ਦਾ ਨਾਮ ਪਿਆਰਾ ਲੱਗਦਾ ਹੈ ।੫।੨੪।

ਆਸਾ ਮਹਲਾ ੧ ਚਉਪਦੇ• ॥ ਵਿਦਿਆ ਵੀਚਾਰੀ ਤਾਂ ਪਰਉਪਕਾਰੀ ॥ ਜਾਂ ਪੰਚ ਰਾਸੀ ਤਾਂ ਤੀਰਥ ਵਾਸੀ ॥੧॥ ਘੁੰਘਰੂ ਵਾਜੈ ਜੇ ਮਨੁ ਲਾਗੈ ॥ ਤਉ ਜਮੁ ਕਹਾ ਕਰੇ ਮੋ ਸਿਉ ਆਗੈ ॥੧॥ ਰਹਾਉ ॥ ਆਸ ਨਿਰਾਸੀ ਤਉ ਸੰਨਿਆਸੀ ॥ ਜਾਂ ਜਤੁ ਜੋਗੀ ਤਾਂ ਕਾਇਆ ਭੋਗੀ ॥੨॥ ਦਇਆ ਦਿਗੰਬਰੁ ਦੇਹ ਬੀਚਾਰੀ ॥ ਆਪਿ ਮਰੈ ਅਵਰਾ ਨਹ ਮਾਰੀ ॥੩॥ ਏਕੁ ਤੂ ਹੋਰਿ ਵੇਸ ਬਹੁਤੇਰੇ ॥ ਨਾਨਕੁ ਜਾਣੈ ਚੋਜ ਨ ਤੇਰੇ ॥੪॥੨੫॥ {ਪੰਨਾ 356}

ਨੋਟ:- ਇਹ ਸਾਰਾ ਸੰਗ੍ਰਹ 'ਘਰੁ ੨' ਦਾ ਚਲਾ ਆ ਰਿਹਾ ਹੈ । ਪਹਿਲੇ ੧੮ ਸ਼ਬਦ 'ਚਉਪਦੇ' ਹਨ; ਫਿਰ ੬ ਸ਼ਬਦ 'ਪੰਚਪਦੇ' ਹਨ । ਹੁਣ ਫਿਰ 'ਚਉਪਦੇ' ਸ਼ੁਰੂ ਹੋ ਗਏ ਹਨ । ਇਹ ਗਿਣਤੀ ਵਿਚ ਚਾਰ ਹਨ । ਵੇਖੋ ਲਫ਼ਜ਼ 'ਚਉਪਦੇ' ਦੇ ਹੇਠ ਅੰਕ ੪ । ਪਹਿਲੇ ਚਉਪਦੇ-ਸ਼ਬਦਾਂ ਦੇ ਹਰੇਕ ਬੰਦ ਵਿਚ 'ਚਉਪਈ'-ਮੇਲ ਦੀਆਂ ਘੱਟ ਤੋਂ ਘੱਟ ੪ ਤੁਕਾਂ ਹਨ, 'ਦੋਹਰਾ'-ਮੇਲ ਦੀਆਂ ਦੋ ਤੁਕਾਂ, ਪਰ ਇਸ ਨਵੇਂ ਸੰਗ੍ਰਹ ਵਿਚ 'ਚੌਪਈ'-ਮੇਲ ਦੀਆਂ ਤੁਕਾਂ ਹੀ ਸਿਰਫ਼ ਦੋ ਦੋ ਹਨ । ਇਹ ਸੰਗ੍ਰਹ ਪਹਿਲੇ ਨਾਲੋਂ ਵੱਖ ਲਿਖ ਦਿੱਤਾ ਗਿਆ ਹੈ ।

ਨੋਟ:- ਇਸ ਸ਼ਬਦ ਦੀਆਂ ਤੁਕਾਂ ਵਿਚ ਦੋ ਦੋ ਚੀਜ਼ਾਂ ਦਾ ਟਾਕਰਾ ਕਰ ਕੇ ਇਕ ਨਾਲੋਂ ਦੂਜੀ ਵਧੀਆ ਦੱਸੀ ਗਈ ਹੈ—ਤੀਰਥਵਾਸੀ ਉਹੀ ਸਮਝੋ ਜੋ ਪੰਚਰਾਸੀ ਹੈ ।

ਜੇ 'ਮਨੁ ਲਾਗੈ' ਤਾਂ 'ਘੁੰਘਰੂ ਵਾਜੈ' ਪ੍ਰਵਾਨ ਹੈ ।

ਜੇ 'ਆਸ ਨਿਰਾਸੀ' ਹੈ ਤਾਂ ਹੀ 'ਸੰਨਿਆਸੀ' ਹੈ ।

ਜੇ 'ਜੋਗੀ ਜਤੁ' ਹੈ ਤਾਂ ਹੀ ਅਸਲ 'ਕਾਇਆ ਭੋਗੀ' ਹੈ ।

ਜੇ 'ਦਇਆ' ਹੈ, ਜੇ 'ਦੇਹ ਬੀਚਾਰੀ' ਹੈ ਤਾਂ ਹੀ 'ਦਿਗੰਬਰ' ਹੈ ।

ਜੇ 'ਆਪਿ ਮਰੈ' ਤਾਂ ਹੀ ਸਮਝੋ ਕਿ 'ਅਵਰਾ ਨਹ ਮਾਰੀ' ।

ਇਸੇ ਹੀ ਤਰ੍ਹਾਂ ਪਹਿਲੀ ਤੁਕ ਵਿਚ ਭੀ ਇਕ ਚੀਜ਼ ਦੇ ਟਾਕਰੇ ਤੇ ਦੂਜੀ ਪ੍ਰਵਾਨ ਕੀਤੀ ਗਈ ਹੈ; ਭਾਵ, ਉਹੀ ਹੈ 'ਵਿਦਿਆ ਵੀਚਾਰੀ' ਜੋ 'ਪਰਉਪਕਾਰੀ' ਹੈ ।

ਸੋ, ਪਹਿਲੀ ਤੁਕ ਦੇ ਪਾਠ ਵੇਲੇ ਲਫ਼ਜ਼ 'ਤਾਂ' ਉਤੇ ਬਿਸਰਾਮ ਕਰਨਾ ਹੈ । ਅਰਥ ਵੇਲੇ ਲਫ਼ਜ਼ 'ਪਰਉਪਕਾਰੀ' ਦੇ ਨਾਲ ਲਫ਼ਜ਼ 'ਜਾਂ' ਵਰਤਣਾ ਹੈ ।

ਪਦਅਰਥ:- ਪੰਚਰਾਸੀ—ਪੰਜ ਕਾਮਾਦਿਕਾਂ ਨੂੰ ਰਾਸ ਕਰ ਲੈਣ ਵਾਲਾ, ਵੱਸ ਵਿਚ ਕਰ ਲੈਣ ਵਾਲਾ ।੧।

ਆਗੈ—ਪਰਲੋਕ ਵਿਚ ।੧।ਰਹਾਉ।

ਕਾਇਆ ਭੋਗੀ—ਕਾਇਆ ਨੂੰ ਭੋਗਣ ਵਾਲਾ, ਗ੍ਰਿਹਸਤੀ ।੨।

ਦਿਗੰਬਰੁ—{ਦਿਗ-ਅੰਬਰ} ਦਿਸ਼ਾ ਹਨ ਜਿਸ ਦੇ ਕੱਪੜੇ, ਨੰਗਾ ਰਹਿਣ ਵਾਲਾ, ਨਾਂਗਾ ਜੈਨੀ ।੩।

ਚੋਜ—ਕੌਤਕ, ਤਮਾਸ਼ੇ ।੪।

ਅਰਥ:- (ਵਿਦਿਆ ਪ੍ਰਾਪਤ ਕਰ ਕੇ) ਜੋ ਮਨੁੱਖ ਦੂਜਿਆਂ ਨਾਲ ਭਲਾਈ ਕਰਨ ਵਾਲਾ ਹੋ ਗਿਆ ਹੈ ਤਾਂ ਹੀ ਸਮਝੋ ਕਿ ਉਹ ਵਿੱਦਿਆ ਪਾ ਕੇ ਵਿਚਾਰਵਾਨ ਬਣਿਆ ਹੈ । ਤੀਰਥਾਂ ਤੇ ਨਿਵਾਸ ਰੱਖਣ ਵਾਲਾ ਤਦੋਂ ਹੀ ਸਫਲ ਹੈ, ਜੇ ਉਸ ਨੇ ਪੰਜੇ ਕਾਮਾਦਿਕ ਵੱਸ ਕਰ ਲਏ ਹਨ ।੧।

ਜੇ ਮੇਰਾ ਮਨ ਪ੍ਰਭੂ-ਚਰਨਾਂ ਵਿਚ ਜੁੜਨਾ ਸਿੱਖ ਗਿਆ ਹੈ ਤਦੋਂ ਹੀ (ਭਗਤੀਆ ਬਣ ਕੇ) ਘੁੰਘਰੂ ਵਜਾਣੇ ਸਫਲ ਹਨ । ਫਿਰ ਪਰਲੋਕ ਵਿਚ ਜਮ ਮੇਰਾ ਕੁਝ ਭੀ ਨਹੀਂ ਵਿਗਾੜ ਸਕਦਾ ।੧।ਰਹਾਉ।

ਜੇ ਸਭ ਮਾਇਕ-ਆਸਾਂ ਵਲੋਂ ਉਪਰਾਮ ਹੈ ਤਾਂ ਸਮਝੋ ਇਹ ਸੰਨਿਆਸੀ ਹੈ । ਜੇ (ਗ੍ਰਿਹਸਤੀ ਹੁੰਦਿਆਂ) ਜੋਗੀ ਵਾਲਾ ਜਤ (ਕਾਇਮ) ਹੈ ਤਾਂ ਉਸ ਨੂੰ ਅਸਲ ਗ੍ਰਿਹਸਤੀ ਜਾਣੋ ।੨।

ਜੇ (ਹਿਰਦੇ ਵਿਚ) ਦਇਆ ਹੈ, ਜੇ ਸਰੀਰ ਨੂੰ (ਵਿਕਾਰਾਂ ਵਲੋਂ ਪਵਿੱਤ੍ਰ ਰੱਖਣ ਦੀ) ਵਿਚਾਰ ਵਾਲਾ ਭੀ ਹੈ, ਤਾਂ ਉਹ ਅਸਲ ਦਿਗੰਬਰ (ਨਾਂਗਾ ਜੈਨੀ); ਜੋ ਮਨੁੱਖ ਆਪ (ਵਿਕਾਰਾਂ ਵਲੋਂ) ਮਰਿਆ ਹੋਇਆ ਹੈ ਉਹੀ ਹੈ (ਅਸਲ ਅਹਿੰਸਾ-ਵਾਦੀ) ਜੋ ਹੋਰਨਾਂ ਨੂੰ ਨਹੀਂ ਮਾਰਦਾ ।੩।

(ਪਰ ਕਿਸੇ ਨੂੰ ਮੰਦਾ ਨਹੀਂ ਕਿਹਾ ਜਾ ਸਕਦਾ, ਹੇ ਪ੍ਰਭੂ!) ਇਹ ਸਾਰੇ ਤੇਰੇ ਹੀ ਅਨੇਕਾਂ ਵੇਸ ਹਨ, ਹਰੇਕ ਵੇਸ ਵਿਚ ਤੂੰ ਆਪ ਮੌਜੂਦ ਹੈਂ । ਨਾਨਕ (ਵਿਚਾਰਾ) ਤੇਰੇ ਕੌਤਕ-ਤਮਾਸ਼ੇ ਸਮਝ ਨਹੀਂ ਸਕਦਾ ।੪।੨੫।

ਆਸਾ ਮਹਲਾ ੧ ॥ ਏਕ ਨ ਭਰੀਆ ਗੁਣ ਕਰਿ ਧੋਵਾ ॥ ਮੇਰਾ ਸਹੁ ਜਾਗੈ ਹਉ ਨਿਸਿ ਭਰਿ ਸੋਵਾ ॥੧॥ ਇਉ ਕਿਉ ਕੰਤ ਪਿਆਰੀ ਹੋਵਾ ॥ ਸਹੁ ਜਾਗੈ ਹਉ ਨਿਸ ਭਰਿ ਸੋਵਾ ॥੧॥ ਰਹਾਉ ॥ ਆਸ ਪਿਆਸੀ ਸੇਜੈ ਆਵਾ ॥ ਆਗੈ ਸਹ ਭਾਵਾ ਕਿ ਨ ਭਾਵਾ ॥੨॥ ਕਿਆ ਜਾਨਾ ਕਿਆ ਹੋਇਗਾ ਰੀ ਮਾਈ ॥ ਹਰਿ ਦਰਸਨ ਬਿਨੁ ਰਹਨੁ ਨ ਜਾਈ ॥੧॥ ਰਹਾਉ ॥ ਪ੍ਰੇਮੁ ਨ ਚਾਖਿਆ ਮੇਰੀ ਤਿਸ ਨ ਬੁਝਾਨੀ ॥ ਗਇਆ ਸੁ ਜੋਬਨੁ ਧਨ ਪਛੁਤਾਨੀ ॥੩॥ ਅਜੈ ਸੁ ਜਾਗਉ ਆਸ ਪਿਆਸੀ ॥ ਭਈਲੇ ਉਦਾਸੀ ਰਹਉ ਨਿਰਾਸੀ ॥੧॥ ਰਹਾਉ ॥ ਹਉਮੈ ਖੋਇ ਕਰੇ ਸੀਗਾਰੁ ॥ ਤਉ ਕਾਮਣਿ ਸੇਜੈ ਰਵੈ

ਭਤਾਰੁ ॥੪॥ ਤਉ ਨਾਨਕ ਕੰਤੈ ਮਨਿ ਭਾਵੈ ॥ ਛੋਡਿ ਵਡਾਈ ਅਪਣੇ ਖਸਮ ਸਮਾਵੈ ॥੧॥ ਰਹਾਉ ॥੨੬॥ {ਪੰਨਾ 356-357}

ਪਦਅਰਥ:- ਨਿਸਿ—ਰਾਤ । ਨਿਸਿ ਭਰਿ—ਸਾਰੀ ਰਾਤ, ਸਾਰੀ ਉਮਰ । ਸੋਵਾ—ਮੈਂ (ਮੋਹ ਦੀ ਨੀਂਦ ਵਿਚ) ਸੁੱਤੀ ਰਹਿੰਦੀ ਹਾਂ । ਜਾਗੈ—ਜਾਗਦਾ ਹੈ; ਵਿਕਾਰ ਉਸ ਦੇ ਨੇੜੇ ਨਹੀਂ ਢੁਕਦੇ ।੧।

ਪਿਆਸੀ—ਪਿਆਸ ਨਾਲ ਵਿਆਕੁਲ । ਆਸ ਪਿਆਸੀ—ਦੁਨੀਆ ਦੀਆਂ ਆਸਾਂ ਦੀ ਪਿਆਸ ਨਾਲ ਵਿਆਕੁਲ ।੨।

ਤਿਸ—ਪਿਆਸ, ਮਾਇਆ ਦੀ ਤ੍ਰਿਸ਼ਨਾ । ਧਨ—ਜੀਵ-ਇਸਤ੍ਰੀ ।੩।

ਅਜੈ—ਹੁਣ ਭੀ ਜਦੋਂ ਕਿ ਸਰੀਰ ਕਾਇਮ ਹੈ । ਰਹਉ—ਮੈਂ ਰਹਿ ਪਵਾਂ, ਮੈਂ ਹੋ ਜਾਵਾਂ ।੧।ਰਹਾਉ।

ਖੋਇ—ਨਾਸ ਕਰ ਕੇ । ਸੀਗਾਰੁ—ਆਤਮਕ ਸਿੰਗਾਰ, ਆਤਮਾ ਨੂੰ ਸੁੰਦਰ ਬਨਾਣ ਵਾਲਾ ਉੱਦਮ । ਭਤਾਰੁ—ਖਸਮ-ਪ੍ਰਭੂ ।੪।

ਨੋਟ:- ਆਮ ਤੌਰ ਤੇ ਹਰੇਕ ਸ਼ਬਦ ਵਿਚ ਇਕ ਬੰਦ 'ਰਹਾਉ' ਦਾ ਹੁੰਦਾ ਹੈ । ਲਫ਼ਜ਼ 'ਰਹਾਉ' ਦਾ ਅਰਥ ਹੈ 'ਠਹਰ ਜਾਓ' ਇਹੀ ਬੰਦ ਹੈ 'ਕੇਂਦਰੀ ਖ਼ਿਆਲ' ਵਾਲਾ । ਇਸ ਸ਼ਬਦ ਵਿਚ ਚਾਰ 'ਰਹਾਉ' ਦੇ ਬੰਦ ਹਨ । ਸ਼ਬਦ ਦੇ ਹਰੇਕ ਬੰਦ ਦੇ ਨਾਲ ਇਕ ਇਕ 'ਰਹਾਉ' ਦਾ ਬੰਦ ਹੈ । ਇਹਨਾਂ ਵਿਚ ਮਨੁੱਖ ਦੇ ਮਨ ਦੀਆਂ ਚਾਰ ਤਰਤੀਬਵਾਰ ਅਵਸਥਾਂ ਦਿੱਤੀਆਂ ਹਨ, ਜਿਨ੍ਹਾਂ ਵਿਚੋਂ ਲੰਘ ਕੇ ਜੀਵ ਦਾ ਪ੍ਰਭੂ ਨਾਲ ਮਿਲਾਪ ਹੁੰਦਾ ਹੈ:

੧. ਪਛੁਤਾਵਾ, ੨. ਦਰਸ਼ਨ ਦੀ ਤਾਂਘ, ੩. ਵਿਆਕੁਲਤਾ, ੪. ਰਜ਼ਾ ਵਿਚ ਲੀਨਤਾ ।

ਅਰਥ:- ਮੈਂ ਕਿਸੇ ਸਿਰਫ਼ ਇੱਕ ਔਗੁਣ ਨਾਲ ਲਿੱਬੜੀ ਹੋਈ ਨਹੀਂ ਹਾਂ ਕਿ ਆਪਣੇ ਅੰਦਰ ਗੁਣ ਪੈਦਾ ਕਰ ਕੇ ਉਸ ਇੱਕ ਔਗੁਣ ਨੂੰ ਧੋ ਸਕਾਂ (ਮੇਰੇ ਅੰਦਰ ਤਾਂ ਬੇਅੰਤ ਔਗੁਣ ਹਨ ਕਿਉਂਕਿ) ਮੈਂ ਤਾਂ ਸਾਰੀ ਉਮਰ-ਰਾਤ ਹੀ (ਮੋਹ ਦੀ ਨੀਂਦ ਵਿਚ ਸੁੱਤੀ ਰਹੀ ਹਾਂ, ਤੇ ਮੇਰਾ ਖਸਮ-ਪ੍ਰਭੂ ਜਾਗਦਾ ਰਹਿੰਦਾ ਹੈ (ਉਸ ਦੇ ਨੇੜੇ ਮੋਹ ਢੁਕ ਹੀ ਨਹੀਂ ਸਕਦਾ) ।੧।

ਅਜੇਹੀ ਹਾਲਤ ਵਿਚ ਮੈਂ ਖਸਮ-ਪ੍ਰਭੂ ਨੂੰ ਕਿਵੇਂ ਪਿਆਰੀ ਲੱਗ ਸਕਦੀ ਹਾਂ? ਖਸਮ ਜਾਗਦਾ ਹੈ ਤੇ ਮੈਂ ਸਾਰੀ ਰਾਤ ਸੁੱਤੀ ਰਹਿੰਦੀ ਹਾਂ ।੧।ਰਹਾਉ।

ਮੈਂ ਸੇਜ ਤੇ ਆਉਂਦੀ ਹਾਂ (ਮੈਂ ਹਿਰਦੇ-ਸੇਜ ਵਲ ਪਰਤਦੀ ਹਾਂ, ਪਰ ਅਜੇ ਭੀ) ਦੁਨੀਆ ਦੀਆਂ ਆਸਾਂ ਦੀ ਪਿਆਸ ਨਾਲ ਮੈਂ ਵਿਆਕੁਲ ਹਾਂ । (ਅਜੇਹੀ ਆਤਮਕ ਦਸ਼ਾ ਨਾਲ ਕਿਵੇਂ ਯਕੀਨ ਬਣੇ ਕਿ) ਮੈਂ ਖਸਮ-ਪ੍ਰਭੂ ਨੂੰ ਪਸੰਦ ਆਵਾਂ ਕਿ ਨਾਹ ਪਸੰਦ ਆਵਾਂ ।੨।

ਹੇ ਮਾਂ! (ਸਾਰੀ ਉਮਰ ਮਾਇਆ ਦੀ ਨੀਂਦ ਵਿਚ ਸੁੱਤੀ ਰਹਿਣ ਕਰ ਕੇ) ਮੈਨੂੰ ਸਮਝ ਨਹੀਂ ਆਉਂਦੀ ਕਿ ਮੇਰਾ ਕੀਹ ਬਣੇਗਾ (ਮੈਨੂੰ ਪਤੀ-ਪ੍ਰਭੂ ਪਰਵਾਨ ਕਰੇਗਾ ਕਿ ਨਹੀਂ, ਪਰ ਹੁਣ) ਪ੍ਰਭੂ-ਪਤੀ ਦੇ ਦਰਸ਼ਨ ਤੋਂ ਬਿਨਾ ਮੈਨੂੰ ਧਰਵਾਸ ਭੀ ਨਹੀਂ ਬੱਝਦਾ ।੧।ਰਹਾਉ।

(ਹੇ ਮਾਂ! ਸਾਰੀ ਉਮਰ) ਮੈਂ ਪ੍ਰਭੂ-ਪਤੀ ਦੇ ਪ੍ਰੇਮ ਦਾ ਸੁਆਦ ਨ ਚੱਖਿਆ; ਇਸੇ ਕਰਕੇ ਮੇਰੀ ਮਾਇਆ ਵਾਲੀ ਤ੍ਰਿਸ਼ਨਾ (ਦੀ ਅੱਗ) ਨਹੀਂ ਬੁੱਝ ਸਕੀ । ਮੇਰੀ ਜਵਾਨੀ ਲੰਘ ਗਈ ਹੈ, ਹੁਣ ਮੇਰੀ ਜਿੰਦ ਪਛਤਾਵਾ ਕਰ ਰਹੀ ਹੈ ।੩।

(ਹੇ ਮਾਂ! ਜਵਾਨੀ ਤਾਂ ਲੰਘ ਗਈ ਹੈ, ਪਰ ਅਰਦਾਸ ਕਰ) ਅਜੇ ਭੀ ਮੈਂ ਮਾਇਆ ਦੀਆਂ ਆਸਾਂ ਦੀ ਪਿਆਸ ਵਲੋਂ ਉਪਰਾਮ ਹੋ ਕੇ ਮਾਇਆ ਦੀਆਂ ਆਸਾਂ ਲਾਹ ਕੇ ਜੀਵਨ ਗੁਜ਼ਾਰਾਂ (ਸ਼ਾਇਦ ਮੇਹਰ ਕਰ ਹੀ ਦੇਵੇ) ।੧।ਰਹਾਉ।

ਜਦੋਂ ਜੀਵ-ਇਸਤ੍ਰੀ ਹਉਮੈ ਗਵਾਂਦੀ ਹੈ ਜਦੋਂ ਜਿੰਦ ਨੂੰ ਸੁੰਦਰ ਬਣਾਨ ਦਾ ਇਹ ਉੱਦਮ ਕਰਦੀ ਹੈ, ਤਦੋਂ ਉਸ ਜੀਵ-ਇਸਤ੍ਰੀ ਨੂੰ ਖਸਮ-ਪ੍ਰਭੂ ਉਸ ਦੀ ਹਿਰਦਾ-ਸੇਜ ਤੇ ਆ ਕੇ ਮਿਲਦਾ ਹੈ ।੪।

ਹੇ ਨਾਨਕ! ਤਦੋਂ ਹੀ ਜੀਵ-ਇਸਤ੍ਰੀ ਖਸਮ-ਪ੍ਰਭੂ ਦੇ ਮਨ ਵਿਚ ਚੰਗੀ ਲੱਗਦੀ ਹੈ, ਜਦੋਂ ਮਾਣ-ਵਡਿਆਈ ਛੱਡ ਕੇ ਆਪਣੇ ਖਸਮ ਦੀ ਰਜ਼ਾ ਵਿਚ ਲੀਨ ਹੁੰਦੀ ਹੈ ।੧।ਰਹਾਉ।

ਆਸਾ ਮਹਲਾ ੧ ॥ ਪੇਵਕੜੈ ਧਨ ਖਰੀ ਇਆਣੀ ॥ ਤਿਸੁ ਸਹ ਕੀ ਮੈ ਸਾਰ ਨ ਜਾਣੀ ॥੧॥ ਸਹੁ ਮੇਰਾ ਏਕੁ ਦੂਜਾ ਨਹੀ ਕੋਈ ॥ ਨਦਰਿ ਕਰੇ ਮੇਲਾਵਾ ਹੋਈ ॥੧॥ ਰਹਾਉ ॥ ਸਾਹੁਰੜੈ ਧਨ ਸਾਚੁ ਪਛਾਣਿਆ ॥ ਸਹਜਿ ਸੁਭਾਇ ਅਪਣਾ ਪਿਰੁ ਜਾਣਿਆ ॥੨॥ ਗੁਰ ਪਰਸਾਦੀ ਐਸੀ ਮਤਿ ਆਵੈ ॥ ਤਾਂ ਕਾਮਣਿ ਕੰਤੈ ਮਨਿ ਭਾਵੈ ॥੩॥ ਕਹਤੁ ਨਾਨਕੁ ਭੈ ਭਾਵ ਕਾ ਕਰੇ ਸੀਗਾਰੁ ॥ ਸਦ ਹੀ ਸੇਜੈ ਰਵੈ ਭਤਾਰੁ ॥੪॥੨੭॥ {ਪੰਨਾ 357}

ਪਦਅਰਥ:- ਪੇਵਕੜੈ—ਪੇਕੇ ਘਰ ਵਿਚ, ਜਗਤ ਦੇ ਮੋਹ ਵਿਚ । ਧਨ—ਇਸਤ੍ਰੀ, ਜੀਵ-ਇਸਤ੍ਰੀ । ਖਰੀ—ਬਹੁਤ । ਇਆਣੀ—ਅੰਞਾਣ, ਮੂਰਖ । ਸਹ ਕੀ—ਖਸਮ ਦੀ । {ਨੋਟ:- ਲਫ਼ਜ਼ 'ਸਹੁ' ਅਤੇ 'ਸਹ' ਦਾ ਫ਼ਰਕ ਚੇਤੇ ਰਖਣ-ਜੋਗ ਹੈ । ਲਫ਼ਜ਼ 'ਸਹੁ' ਕਰਤਾ ਕਾਰਕ ਇਕ-ਵਚਨ ਹੈ ਤੇ (ੁ) ਅੰਤ ਹੈ । ਸੰਬੰਧਕ 'ਕੀ' ਦੇ ਕਾਰਨ ਇਸ ਦਾ ਇਹ (ੁ) ਲਹਿ ਗਿਆ ਹੈ} । ਸਾਰ—ਕਦਰ ।੧।

ਏਕੁ—ਸਦਾ ਇਕ-ਰਸ ਰਹਿਣ ਵਾਲਾ ।੧।ਰਹਾਉ।

ਸਾਹੁਰੜੈ—ਸਹੁਰੇ ਘਰ ਵਿਚ, ਜਗਤ ਦੇ ਮੋਹ ਤੋਂ ਨਿਕਲ ਕੇ, ਪ੍ਰਭੂ-ਚਰਨਾਂ ਵਿਚ ਜੁੜ ਕੇ । ਸਹਜਿ—ਅਡੋਲ ਅਵਸਥਾ ਵਿਚ । ਸੁਭਾਇ—ਪ੍ਰੇਮ ਵਿਚ ।੨।

ਗੁਰ ਪਰਸਾਦੀ—ਗੁਰ ਪਰਸਾਦਿ, ਗੁਰੂ ਦੀ ਕਿਰਪਾ ਨਾਲ । ਕੰਤੈ ਮਨਿ—ਕੰਤ ਦੇ ਮਨ ਵਿਚ ।੩।

ਭੈ ਕਾ—ਡਰ ਦਾ । ਭਾਵ ਕਾ—ਪ੍ਰੇਮ ਦਾ । ਸੀਗਾਰੁ—ਆਤਮਕ ਸੋਹਜ ।੪।

ਅਰਥ:- ਮੇਰਾ ਖਸਮ-ਪ੍ਰਭੂ ਹਰ ਵੇਲੇ ਇਕ-ਰਸ ਰਹਿੰਦਾ ਹੈ, ਉਸ ਵਰਗਾ ਹੋਰ ਕੋਈ ਨਹੀਂ ਹੈ । ਉਹ ਸਦਾ ਮੇਹਰ ਦੀ ਨਜ਼ਰ ਕਰਦਾ ਹੈ (ਉਸ ਦੀ ਮੇਹਰ ਦੀ ਨਜ਼ਰ ਨਾਲ ਹੀ) ਮੇਰਾ ਉਸ ਨਾਲ ਮਿਲਾਪ ਹੋ ਸਕਦਾ ਹੈ ।੧।ਰਹਾਉ।

ਪਰ ਜਗਤ ਦੇ ਮੋਹ ਵਿਚ ਫਸ ਕੇ ਜੀਵ-ਇਸਤ੍ਰੀ ਬਹੁਤ ਮੂਰਖ ਰਹਿੰਦੀ ਹੈ । (ਇਸ ਮੋਹ ਵਿਚ ਫਸ ਕੇ ਹੀ) ਮੈਂ ਉਸ ਖਸਮ-ਪ੍ਰਭੂ (ਦੀ ਮੇਹਰ ਦੀ ਨਜ਼ਰ) ਦੀ ਕਦਰ ਨਹੀਂ ਸਮਝ ਸਕੀ (ਤੇ ਉਸ ਦੇ ਚਰਨਾਂ ਤੋਂ ਵਿਛੁੜੀ ਰਹੀ) ।੧।

ਜੇਹੜੀ ਜੀਵ-ਇਸਤ੍ਰੀ ਜਗਤ ਦੇ ਮੋਹ ਤੋਂ ਨਿਕਲ ਕੇ ਪ੍ਰਭੂ-ਚਰਨਾਂ ਵਿਚ ਜੁੜਦੀ ਹੈ ਉਹ (ਪ੍ਰਭੂ ਦੀ ਮਿਹਰ ਦੀ ਨਜ਼ਰ ਨਾਲ) ਉਸ ਸਦਾ-ਥਿਰ ਪ੍ਰਭੂ (ਦੀ ਕਦਰ) ਪਛਾਣ ਲੈਂਦੀ ਹੈ; ਅਡੋਲ ਅਵਸਥਾ ਵਿਚ ਟਿਕ ਕੇ ਪ੍ਰੇਮ ਵਿਚ ਜੁੜ ਕੇ ਉਹ ਆਪਣੇ ਖਸਮ-ਪ੍ਰਭੂ ਨਾਲ ਡੂੰਘੀ ਸਾਂਝ ਪਾ ਲੈਂਦੀ ਹੈ ।੨।

ਜਦੋਂ ਗੁਰੂ ਦੀ ਕਿਰਪਾ ਨਾਲ (ਜੀਵ-ਇਸਤ੍ਰੀ ਨੂੰ) ਅਜੇਹੀ ਅਕਲ ਆ ਜਾਂਦੀ ਹੈ (ਕਿ ਉਹ ਜਗਤ ਦਾ ਮੋਹ ਛੱਡ ਕੇ ਪ੍ਰਭੂ-ਚਰਨਾਂ ਵਿਚ ਜੁੜਨ ਦਾ ਉੱਦਮ ਕਰਦੀ ਹੈ) ਤਦੋਂ ਜੀਵ-ਇਸਤ੍ਰੀ ਕੰਤ-ਪ੍ਰਭੂ ਦੇ ਮਨ ਵਿਚ ਚੰਗੀ ਲੱਗਣ ਲੱਗ ਪੈਂਦੀ ਹੈ ।੩।

ਨਾਨਕ ਆਖਦਾ ਹੈ ਜੇਹੜੀ ਜੀਵ-ਇਸਤ੍ਰੀ ਪਰਮਾਤਮਾ ਦੇ ਡਰ ਦਾ ਤੇ ਪ੍ਰੇਮ ਦਾ ਸਿੰਗਾਰ ਬਣਾਂਦੀ ਹੈ, ਉਸ ਦੀ ਹਿਰਦੇ-ਸੇਜ ਉਤੇ ਪ੍ਰਭੂ-ਪਤੀ ਸਦਾ ਟਿਕਿਆ ਰਹਿੰਦਾ ਹੈ ।੪।੨੭।

ਆਸਾ ਮਹਲਾ ੧ ॥ ਨ ਕਿਸ ਕਾ ਪੂਤੁ ਨ ਕਿਸ ਕੀ ਮਾਈ ॥ ਝੂਠੈ ਮੋਹਿ ਭਰਮਿ ਭੁਲਾਈ ॥੧॥ ਮੇਰੇ ਸਾਹਿਬ ਹਉ ਕੀਤਾ ਤੇਰਾ ॥ ਜਾਂ ਤੂੰ ਦੇਹਿ ਜਪੀ ਨਾਉ ਤੇਰਾ ॥੧॥ ਰਹਾਉ ॥ ਬਹੁਤੇ ਅਉਗਣ ਕੂਕੈ ਕੋਈ ॥ ਜਾ ਤਿਸੁ ਭਾਵੈ ਬਖਸੇ ਸੋਈ ॥੨॥ ਗੁਰ ਪਰਸਾਦੀ ਦੁਰਮਤਿ ਖੋਈ ॥ ਜਹ ਦੇਖਾ ਤਹ ਏਕੋ ਸੋਈ ॥੩॥ ਕਹਤ ਨਾਨਕ ਐਸੀ ਮਤਿ ਆਵੈ ॥ ਤਾਂ ਕੋ ਸਚੇ ਸਚਿ ਸਮਾਵੈ ॥੪॥੨੮॥ {ਪੰਨਾ 357}

ਪਦਅਰਥ:- ਝੂਠੈ ਮੋਹਿ—ਝੂਠੈ ਮੋਹ ਦੇ ਕਾਰਨ । ਭਰਮਿ—ਭਟਕਣਾ ਵਿਚ (ਪੈ ਕੇ) । ਭੁਲਾਈ—(ਦੁਨੀਆ) ਭੁੱਲੀ ਹੋਈ ਹੈ, ਕੁਰਾਹੇ ਪਈ ਹੋਈ ਹੈ ।੧।

ਕੀਤਾ ਤੇਰਾ—ਤੇਰਾ ਪੈਦਾ ਕੀਤਾ ਹੋਇਆ । ਜਪੀ—ਮੈਂ ਜਪਦਾ ਹਾਂ ।੧।ਰਹਾਉ।

ਕੂਕੈ—ਪੁਕਾਰ ਕਰੇ । ਤਿਸੁ ਭਾਵੈ—ਉਸ ਪ੍ਰਭੂ ਨੂੰ ਚੰਗਾ ਲੱਗੇ ।੨।

ਦੁਰਮਤਿ—ਖੋਟੀ ਮਤਿ । ਜਹ—ਜਿਸ ਪਾਸੇ, ਜਿਧਰ । ਦੇਖਾ—ਮੈਂ ਵੇਖਦਾ ਹਾਂ ।੩।

ਸਚੇ—ਸਚ ਵਿਚ ਹੀ, ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ ਹੀ ।੪।

ਅਰਥ:- ਹੇ ਮੇਰੇ ਮਾਲਿਕ-ਪ੍ਰਭੂ! ਮੈਂ ਤੇਰਾ ਪੈਦਾ ਕੀਤਾ ਹੋਇਆ ਹਾਂ (ਮੇਰੀਆਂ ਸਾਰੀਆਂ ਸਰੀਰਕ ਤੇ ਆਤਮਕ ਲੋੜਾਂ ਤੂੰ ਹੀ ਜਾਣਦਾ ਹੈਂ ਤੇ ਪੂਰੀਆਂ ਕਰਨ ਦੇ ਸਮਰੱਥ ਹੈਂ, ਮੇਰੇ ਆਤਮਕ ਜੀਵਨ ਦੀ ਖ਼ਾਤਰ) ਜਦੋਂ ਤੂੰ ਮੈਨੂੰ ਆਪਣਾ ਨਾਮ ਦੇਂਦਾ ਹੈਂ, ਤਦੋਂ ਹੀ ਮੈਂ ਜਪ ਸਕਦਾ ਹਾਂ ।੧।ਰਹਾਉ।

ਝੂਠੇ ਮੋਹ ਦੇ ਕਾਰਨ ਦੁਨੀਆ ਭਟਕਣਾ ਵਿਚ ਪੈ ਕੇ ਕੁਰਾਹੇ ਪਈ ਹੋਈ ਹੈ (ਮਾਂ ਪਿਉ ਪੁਤ੍ਰ ਆਦਿਕ ਨੂੰ ਹੀ ਆਪਣਾ ਸਦਾ ਸਾਥੀ ਜਾਣ ਕੇ ਜੀਵ ਪਰਮਾਤਮਾ ਨੂੰ ਵਿਸਾਰੀ ਬੈਠਾ ਹੈ) ਅਸਲ ਵਿਚ ਨਾਹ ਮਾਂ ਨਾਹ ਪੁੱਤਰ ਕੋਈ ਭੀ ਕਿਸੇ ਦਾ ਪੱਕਾ ਸਾਥੀ ਨਹੀਂ ਹੈ ।੧।

ਅਨੇਕਾਂ ਹੀ ਪਾਪ ਕੀਤੇ ਹੋਏ ਹੋਣ, ਫਿਰ ਭੀ ਜੇ ਕੋਈ ਮਨੁੱਖ (ਪਰਮਾਤਮਾ ਦੇ ਦਰ ਤੇ) ਅਰਜ਼ੋਈ ਕਰਦਾ ਹੈ (ਪਰਮਾਤਮਾ ਪੈਦਾ ਕੀਤੇ ਦੀ ਲਾਜ ਰੱਖਦਾ ਹੈ) ਜਦੋਂ ਉਸ ਨੂੰ (ਉਸ ਅੱਤ ਵਿਕਾਰੀ ਦੀ ਭੀ ਅਰਜ਼ੋਈ) ਪਸੰਦ ਆਉਂਦੀ ਹੈ ਤਾਂ ਉਹ ਬਖ਼ਸ਼ਸ਼ ਕਰਦਾ ਹੈ (ਤੇ ਉਸ ਦੇ ਆਤਮਕ ਜੀਵਨ ਵਾਸਤੇ ਉਸ ਨੂੰ ਆਪਣੇ ਨਾਮ ਦੀ ਦਾਤਿ ਦੇਂਦਾ ਹੈ) ।੨।

ਮੈਂ ਜਿਧਰ ਵੇਖਦਾ ਹਾਂ ਉਧਰ (ਸਭ ਜੀਵਾਂ ਨੂੰ ਪੈਦਾ ਕਰਨ ਵਾਲਾ) ਉਹ ਪਰਮਾਤਮਾ ਹੀ ਵਿਆਪਕ ਵੇਖਦਾ ਹਾਂ (ਪਰ ਇਹ ਭੀ ਤਦੋਂ ਹੀ ਦਿੱਸਦਾ ਹੈ ਜਦੋਂ) ਗੁਰੂ ਦੀ ਕਿਰਪਾ ਨਾਲ ਸਾਡੀ ਖੋਟੀ ਮਤਿ ਨਾਸ ਹੁੰਦੀ ਹੈ ।੩।

ਨਾਨਕ ਆਖਦਾ ਹੈ ਕਿ ਜਦੋਂ (ਪ੍ਰਭੂ ਦੀ ਆਪਣੀ ਹੀ ਮੇਹਰ ਨਾਲ ਗੁਰੂ ਦੀ ਰਾਹੀਂ) ਜੀਵ ਨੂੰ ਅਜੇਹੀ ਅਕਲ ਆ ਜਾਵੇ ਕਿ ਹਰ ਪਾਸੇ ਉਸ ਨੂੰ ਪਰਮਾਤਮਾ ਹੀ ਦਿੱਸੇ, ਤਾਂ ਜੀਵ ਸਦਾ ਉਸ ਸਦਾ-ਥਿਰ ਪ੍ਰਭੂ ਦੀ ਯਾਦ ਵਿਚ ਲੀਨ

ਰਹਿੰਦਾ ਹੈ ।੪।੨੮।

ਆਸਾ ਮਹਲਾ ੧ ਦੁਪਦੇ ॥ ਤਿਤੁ ਸਰਵਰੜੈ ਭਈਲੇ ਨਿਵਾਸਾ ਪਾਣੀ ਪਾਵਕੁ ਤਿਨਹਿ ਕੀਆ ॥ ਪੰਕਜੁ ਮੋਹ ਪਗੁ ਨਹੀ ਚਾਲੈ ਹਮ ਦੇਖਾ ਤਹ ਡੂਬੀਅਲੇ ॥੧॥ ਮਨ ਏਕੁ ਨ ਚੇਤਸਿ ਮੂੜ ਮਨਾ ॥ ਹਰਿ ਬਿਸਰਤ ਤੇਰੇ ਗੁਣ ਗਲਿਆ ॥੧॥ ਰਹਾਉ ॥ ਨਾ ਹਉ ਜਤੀ ਸਤੀ ਨਹੀ ਪੜਿਆ ਮੂਰਖ ਮੁਗਧਾ ਜਨਮੁ ਭਇਆ ॥ ਪ੍ਰਣਵਤਿ ਨਾਨਕ ਤਿਨ੍ ਕੀ ਸਰਣਾ ਜਿਨ੍ ਤੂੰ ਨਾਹੀ ਵੀਸਰਿਆ ॥੨॥੨੯॥ {ਪੰਨਾ 357}

ਪਦਅਰਥ:- ਦੁਪਦੇ—ਦੋ ਪਦਾਂ ਵਾਲੇ, ਦੋ ਬੰਦਾਂ ਵਾਲੇ ਸ਼ਬਦ ।

ਤਿਤੁ—ਉਸ ਵਿਚ । ਸਰਵਰੜੈ—ਭਿਆਨਕ ਸਰੋਵਰ ਵਿਚ । ਤਿਤੁ ਸਰਵਰੜੈ—ਉਸ ਭਿਆਨਕ ਸਰੋਵਰ ਵਿਚ । ਭਲੀਲੇ—ਹੋਇਆ ਹੈ । ਪਾਵਕੁ—ਅੱਗ । ਤਿਨਹਿ—ਉਸ (ਪ੍ਰਭੂ) ਨੇ (ਆਪ ਹੀ) । ਪੰਕ—ਚਿੱਕੜ । ਪੰਕ ਜੁ ਮੋਹ—ਜੋ ਮੋਹ ਦੀ ਪੰਕ ਹੈ, ਜੋ ਮੋਹ ਦਾ ਚਿੱਕੜ ਹੈ । ਪਗੁ—ਪੈਰ । ਹਮ ਦੇਖਾ—ਸਾਡੇ ਵੇਖਦਿਆਂ, ਸਾਡੇ ਸਾਹਮਣੇ ਹੀ । ਤਹ—ਉਸ ਵਿਚ, ਉਥੇ । ਡੂਬੀਅਲੇ—ਡੁੱਬ ਗਏ ।੧।

ਮਨ—ਹੇ ਮਨ! ਮੂੜ—ਮੂਰਖ! ਗਲਿਆ—ਗਲਦੇ ਜਾਂਦੇ ਹਨ, ਘਟਦੇ ਜਾਂਦੇ ਹਨ ।੧।ਰਹਾਉ।

ਹਉ—ਮੈਂ । ਜਤੀ—ਜਤ ਵਾਲਾ, ਕਾਮ-ਵਾਸਨਾ ਨੂੰ ਰੋਕ ਰੱਖਣ ਵਾਲਾ । ਸਤੀ—ਸਤ ਵਾਲਾ, ਉੱਚੇ ਆਚਰਨ ਵਾਲਾ । ਮੁਗਧਾ—ਮੂਰਖ, ਬੇ-ਸਮਝ । ਜਨਮੁ—ਜੀਵਨ । ਪ੍ਰਣਵਤਿ—ਬੇਨਤੀ ਕਰਦਾ ਹੈ ।੨।

ਅਰਥ:- (ਸਾਡੀ ਜੀਵਾਂ ਦੀ) ਉਸ ਭਿਆਨਕ ਸਰੋਵਰ ਵਿਚ ਵੱਸੋਂ ਹੈ ਜਿਸ ਵਿਚ ਉਸ ਪ੍ਰਭੂ ਨੇ ਆਪ ਹੀ ਪਾਣੀ ਦੇ ਥਾਂ (ਤ੍ਰਿਸ਼ਨਾ ਦੀ) ਅੱਗ ਪੈਦਾ ਕੀਤੀ ਹੈ, (ਤੇ ਉਸ ਸਰੋਵਰ ਵਿਚ) ਜੋ ਮੋਹ ਦਾ ਚਿੱਕੜ ਹੈ (ਉਸ ਵਿਚ ਜੀਵਾਂ ਦਾ) ਪੈਰ ਚਲ ਨਹੀਂ ਸਕਦਾ (ਭਾਵ, ਜੀਵ ਮੋਹ ਦੇ ਚਿੱਕੜ ਵਿਚ ਫਸੇ ਪਏ ਹਨ), ਸਾਡੇ ਸਾਹਮਣੇ ਹੀ ਕਈ ਜੀਵ (ਮੋਹ ਦੇ ਚਿੱਕੜ ਵਿਚ ਫਸ ਕੇ ਤ੍ਰਿਸ਼ਨਾ-ਅੱਗ ਦੇ ਅਸਗਾਹ ਜਲ ਵਿਚ) ਡੁੱਬਦੇ ਜਾ ਰਹੇ ਹਨ ।੧।

ਹੇ ਮਨ! ਹੇ ਮੂਰਖ ਮਨ! ਤੂੰ ਇਕ ਪ੍ਰਭੂ ਨੂੰ ਯਾਦ ਨਹੀਂ ਕਰਦਾ । ਤੂੰ ਜਿਉਂ ਜਿਉਂ ਪ੍ਰਭੂ ਨੂੰ ਵਿਸਾਰਦਾ ਹੈਂ, ਤੇਰੇ (ਅੰਦਰੋਂ) ਗੁਣ ਘਟਦੇ ਜਾ ਰਹੇ ਹਨ ।੧।ਰਹਾਉ।

ਹੇ ਪ੍ਰਭੂ! ਨਾਹ ਮੈਂ ਜਤੀ ਹਾਂ ਨਾਹ ਮੈਂ ਸਤੀ ਹਾਂ ਨਾਹ ਹੀ ਮੈਂ ਪੜ੍ਹਿਆ ਹੋਇਆ ਹਾਂ, ਮੇਰਾ ਜੀਵਨ ਤਾਂ ਮੂਰਖਾਂ ਬੇ-ਸਮਝਾਂ ਵਾਲਾ ਬਣਿਆ ਹੋਇਆ ਹੈ, (ਭਾਵ, ਜਤ ਸਤ ਤੇ ਵਿੱਦਿਆ ਇਸ ਤ੍ਰਿਸ਼ਨਾ ਦੀ ਅੱਗ ਤੇ ਮੋਹ ਦੇ ਚਿੱਕੜ ਵਿਚ ਡਿੱਗਣੋਂ ਬਚਾ ਨਹੀਂ ਸਕਦੇ । ਜੇ ਮਨੁੱਖ ਪ੍ਰਭੂ ਨੂੰ ਵਿਸਾਰ ਦੇਵੇ, ਤਾਂ ਜਤ ਸਤ ਵਿੱਦਿਆ ਦੇ ਹੁੰਦਿਆਂ ਭੀ ਮਨੁੱਖ ਦੀ ਜ਼ਿੰਦਗੀ ਮਹਾਂ ਮੂਰਖਾਂ ਵਾਲੀ ਹੁੰਦੀ ਹੈ) । (ਸੋ) ਨਾਨਕ ਬੇਨਤੀ ਕਰਦਾ ਹੈ—(ਹੇ ਪ੍ਰਭੂ! ਮੈਨੂੰ) ਉਹਨਾਂ (ਗੁਰਮੁਖਾਂ) ਦੀ ਸਰਨ ਵਿਚ (ਰੱਖ) ਜਿਨ੍ਹਾਂ ਨੂੰ ਤੂੰ ਨਹੀਂ ਭੁੱਲਿਆ (ਜਿਨ੍ਹਾਂ ਨੂੰ ਤੇਰੀ ਯਾਦ ਨਹੀਂ ਭੁੱਲੀ) ।੨।੨੯।

ਆਸਾ ਮਹਲਾ ੧ ॥ ਛਿਅ ਘਰ ਛਿਅ ਗੁਰ ਛਿਅ ਉਪਦੇਸ ॥ ਗੁਰ ਗੁਰੁ ਏਕੋ ਵੇਸ ਅਨੇਕ ॥੧॥ ਜੈ ਘਰਿ ਕਰਤੇ ਕੀਰਤਿ ਹੋਇ ॥ ਸੋ ਘਰੁ ਰਾਖੁ ਵਡਾਈ ਤੋਹਿ ॥੧॥ ਰਹਾਉ ॥ ਵਿਸੁਏ ਚਸਿਆ

ਘੜੀਆ ਪਹਰਾ ਥਿਤੀ ਵਾਰੀ ਮਾਹੁ ਭਇਆ ॥ ਸੂਰਜੁ ਏਕੋ ਰੁਤਿ ਅਨੇਕ ॥ ਨਾਨਕ ਕਰਤੇ ਕੇ ਕੇਤੇ ਵੇਸ ॥੨॥੩੦॥ {ਪੰਨਾ 357}

ਪਦਅਰਥ:- ਛਿਅ—ਛੇ । ਘਰ—ਸ਼ਾਸਤ੍ਰ । ਛਿਅ ਘਰ—ਸਾਂਖ, ਨਿਆਇ, ਵੈਸ਼ੇਨਿਕ, ਮੀਮਾਂਸਾ, ਯੋਗ, ਵੇਦਾਂਤ । ਗੁਰ—ਕਰਤਾ, ਸ਼ਾਸਤ੍ਰ-ਕਾਰ । ਛਿਅ ਗੁਰ—ਕਲਪ, ਗੋਤਮ, ਕਣਾਦ, ਜੈਮਿਨੀ ਪਤੰਜਲੀ, ਵਿਆਸ । ਉਪਦੇਸ—ਸਿੱਖਿਆ, ਸਿੱਧਾਂਤ । ਗੁਰੁ ਗੁਰੁ—ਇਸ਼ਟ ਗੁਰੂ । ਏਕੋ—ਇੱਕ ਹੀ ।੧।

ਜੈ ਘਰਿ—ਜਿਸ ਘਰ ਦੀ ਰਾਹੀਂ, ਜਿਸ ਸਤਸੰਗ-ਘਰ ਵਿਚ । ਕੀਰਤਿ—ਸਿਫ਼ਤਿ-ਸਾਲਾਹ । ਵਡਾਈ—ਵਡਿਆਈ । ਤੋਹਿ—ਤੈਨੂੰ ।੧।ਰਹਾਉ।

ਅੱਖ ਦੇ ੧੫ ਫੋਰ = ੧ ਵਿਸਾ ।
੧੫ ਵਿਸੁਏ = ੧ ਚਸਾ ।
੩੦ ਚਸੇ = ੧ ਪਲ ।
੩੦ ਪਲ = ੧ ਘੜੀ ।
੭½ ਘੜੀਆਂ = ੧ ਪਹਰ ।
੧੫ ਥਿੱਤਾਂ । ੭ ਵਾਰ । ੧੨ ਮਹੀਨੇ । ੬ ਰੁੱਤਾਂ ।
ਵੇਸ—ਰੂਪ । ਕੇਤੇ—ਅਨੇਕਾਂ ।੨।

ਅਰਥ:- ਛੇ ਸ਼ਾਸਤ੍ਰ ਹਨ, ਛੇ ਹੀ (ਇਹਨਾਂ ਸ਼ਾਸਤ੍ਰਾਂ ਦੇ) ਚਲਾਣ ਵਾਲੇ ਹਨ, ਛੇ ਹੀ ਇਹਨਾਂ ਦੇ ਸਿੱਧਾਂਤ ਹਨ । ਪਰ ਇਹਨਾਂ ਸਾਰਿਆਂ ਦਾ ਮੂਲ-ਗੁਰੂ (ਪਰਮਾਤਮਾ) ਇੱਕ ਹੈ । (ਇਹ ਸਾਰੇ ਸਿੱਧਾਂਤ) ਉਸ ਇੱਕ ਪ੍ਰਭੂ ਦੇ ਹੀ ਅਨੇਕਾਂ ਵੇਸ ਹਨ (ਪ੍ਰਭੂ ਦੀ ਹਸਤੀ ਦੇ ਪ੍ਰਕਾਸ਼ ਦੇ ਕਈ ਰੂਪ ਹਨ) ।੧।

ਜਿਸ (ਸਤਸੰਗ-) ਘਰ ਵਿਚ ਅਕਾਲ-ਪੁਰਖ ਦੀ ਸਿਫ਼ਤਿ-ਸਾਲਾਹ ਹੁੰਦੀ ਹੈ, (ਹੇ ਭਾਈ!) ਤੂੰ ਉਸ ਘਰ ਨੂੰ ਸਾਂਭ ਰੱਖ (ਉਸ ਸਤਸੰਗ ਦਾ ਆਸਰਾ ਲੈ, ਇਸੇ ਵਿਚ) ਤੈਨੂੰ ਵਡਿਆਈ ਮਿਲੇਗੀ ।੧।ਰਹਾਉ।

ਜਿਵੇਂ ਵਿਸੁਏ, ਚਸੇ, ਘੜੀਆਂ, ਪਹਰ, ਥਿੱਤਾਂ, ਵਾਰ, ਮਹੀਨਾ (ਆਦਿਕ) ਤੇ ਹੋਰ ਅਨੇਕਾਂ ਰੁੱਤਾਂ ਹਨ, ਪਰ ਸੂਰਜ ਇਕੋ ਹੀ ਹੈ (ਜਿਸ ਦੇ ਇਹ ਸਾਰੇ ਵਖ ਵਖ ਸਰੂਪ ਹਨ), ਤਿਵੇਂ, ਹੇ ਨਾਨਕ! ਕਰਤਾਰ ਦੇ (ਇਹ ਸਾਰੇ ਜੀਆ ਜੰਤ) ਅਨੇਕਾਂ ਸਰੂਪ ਹਨ ।੨।੩੦।

ਨੋਟ:- "ਘਰੁ ੨" ਦੇ ੩੦ ਸ਼ਬਦਾਂ ਦਾ ਸੰਗ੍ਰਹ ਇਥੇ ਖ਼ਤਮ ਹੁੰਦਾ ਹੈ । ਅਗਾਂਹ 'ਘਰੁ ੩' ਦੇ ਸ਼ਬਦ ਸ਼ੁਰੂ ਹੁੰਦੇ ਹਨ । ਨਵੇਂ ਸਿਰੇ ਮੂਲਮੰਤ੍ਰ ਦਾ ਲਿਖਿਆ ਜਾਣਾ ਭੀ ਇਹੀ ਦੱਸਦਾ ਹੈ ਕਿ ਨਵਾਂ ਸੰਗ੍ਰਹ ਸ਼ੁਰੂ ਹੋ ਰਿਹਾ ਹੈ ।

ੴ ਸਤਿਗੁਰ ਪ੍ਰਸਾਦਿ ॥ ਆਸਾ ਘਰੁ ੩ ਮਹਲਾ ੧ ॥ ਲਖ ਲਸਕਰ ਲਖ ਵਾਜੇ ਨੇਜੇ ਲਖ ਉਠਿ ਕਰਹਿ ਸਲਾਮੁ ॥ ਲਖਾ ਉਪਰਿ ਫੁਰਮਾਇਸਿ ਤੇਰੀ ਲਖ ਉਠਿ ਰਾਖਹਿ ਮਾਨੁ ॥ ਜਾਂ ਪਤਿ ਲੇਖੈ ਨਾ ਪਵੈ ਤਾਂ ਸਭਿ ਨਿਰਾਫਲ ਕਾਮ ॥੧॥ ਹਰਿ ਕੇ ਨਾਮ ਬਿਨਾ ਜਗੁ ਧੰਧਾ ॥ ਜੇ ਬਹੁਤਾ ਸਮਝਾਈਐ ਭੋਲਾ ਭੀ ਸੋ ਅੰਧੋ ਅੰਧਾ ॥੧॥ ਰਹਾਉ ॥ ਲਖ ਖਟੀਅਹਿ ਲਖ ਸੰਜੀਅਹਿ ਖਾਜਹਿ ਲਖ ਆਵਹਿ ਲਖ ਜਾਹਿ ॥ ਜਾਂ ਪਤਿ ਲੇਖੈ ਨਾ ਪਵੈ ਤਾਂ ਜੀਅ ਕਿਥੈ ਫਿਰਿ ਪਾਹਿ ॥੨॥ ਲਖ ਸਾਸਤ ਸਮਝਾਵਣੀ ਲਖ ਪੰਡਿਤ ਪੜਹਿ ਪੁਰਾਣ ॥ ਜਾਂ ਪਤਿ ਲੇਖੈ ਨਾ ਪਵੈ ਤਾਂ ਸਭੇ ਕੁਪਰਵਾਣ ॥੩॥ ਸਚ ਨਾਮਿ ਪਤਿ

ਉਪਜੈ ਕਰਮਿ ਨਾਮੁ ਕਰਤਾਰੁ ॥ ਅਹਿਨਿਸਿ ਹਿਰਦੈ ਜੇ ਵਸੈ ਨਾਨਕ ਨਦਰੀ ਪਾਰੁ ॥੪॥੧॥੩੧॥
{ਪੰਨਾ 358}

ਪਦਅਰਥ:- ਲਸਕਰ—ਫ਼ੌਜਾਂ । ਉਠਿ—ਉਠ ਕੇ । ਫੁਰਮਾਇਸਿ—ਹਕੂਮਤ । ਮਾਨੁ—ਆਦਰ । ਪਤਿ—ਦੁਨੀਆ ਵਿਚ ਮਿਲੀ ਇਹ ਇੱਜ਼ਤ । ਲੇਖੈ ਨ ਪਵੈ—ਪਰਮਾਤਮਾ ਦੀ ਹਜ਼ੂਰੀ ਵਿਚ ਕਬੂਲ ਨ ਹੋਵੇ । ਨਿਰਾਫਲ—ਵਿਅਰਥ ।੧।

ਧੰਧਾ—ਝੰਬੇਲਾ, ਉਲਝਣ । ਅੰਧੋ ਅੰਧਾ—ਅੰਨ੍ਹਾ ਹੀ ਅੰਨ੍ਹਾ ।੧।ਰਹਾਉ।

ਖਟੀਅਹਿ—ਖੱਟੇ ਜਾਣ {ਬਹੁ-ਵਚਨ, ਕਰਮ ਵਾਚ} । ਸੰਜੀਅਹਿ—ਇਕੱਠੇ ਕੀਤੇ ਜਾਣ । ਖਾਜਹਿ—ਖਾਧੇ ਜਾਣ, ਖ਼ਰਚੇ ਜਾਣ । ਕਿਥੈ ਪਾਹਿ—ਪਤਾ ਨਹੀਂ ਕਿਥੇ ਪੈਂਦੇ ਹਨ, ਦੁੱਖੀ ਹੀ ਰਹਿੰਦੇ ਹਨ ।੨।

ਕੁਪਰਵਾਣ—ਅਪ੍ਰਵਾਣ, ਕਬੂਲ ਨਹੀਂ ।੩।

ਨਾਮਿ—ਨਾਮ ਵਿਚ ਜੁੜਿਆਂ । ਕਰਮਿ—(ਪਰਮਾਤਮਾ ਦੀ) ਮੇਹਰ ਨਾਲ । ਅਹਿ—ਦਿਨ । ਨਿਸਿ—ਰਾਤ । ਪਾਰੁ—ਪਾਰਲਾ ਬੰਨਾ, ਸੰਸਾਰ-ਸਮੁੰਦਰ ਦਾ ਪਾਰਲਾ ਬੰਨਾ ।੪।

ਅਰਥ:- ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਜਗਤ ਦਾ ਮੋਹ (ਮਨੁੱਖ ਵਾਸਤੇ) ਉਲਝਣ ਹੀ ਉਲਝਣ ਬਣ ਜਾਂਦਾ ਹੈ । (ਇਸ ਉਲਝਣ ਵਿਚ ਜੀਵ ਇਤਨਾ ਫਸਦਾ ਹੈ ਕਿ) ਭਾਵੇਂ ਕਿਤਨਾ ਹੀ ਸਮਝਾਂਦੇ ਰਹੋ, ਮਨ ਅੰਨ੍ਹਾ ਹੀ ਅੰਨ੍ਹਾ ਰਹਿੰਦਾ ਹੈ (ਭਾਵ, ਮਨੁੱਖ ਨੂੰ ਸੂਝ ਨਹੀਂ ਪੈਂਦੀ ਕਿ ਮੈਂ ਕੁਰਾਹੇ ਪਿਆ ਹਾਂ) ।੧।ਰਹਾਉ।

(ਹੇ ਭਾਈ!) ਜੇ ਤੇਰੀਆਂ ਫ਼ੌਜਾਂ ਲੱਖਾਂ ਦੀ ਗਿਣਤੀ ਵਿਚ ਹੋਣ, ਉਹਨਾਂ ਵਿਚ ਲੱਖਾਂ ਬੰਦੇ ਵਾਜੇ ਵਜਾਣ ਵਾਲੇ ਹੋਣ, ਲੱਖਾਂ ਨੇਜ਼ਾ-ਬਰਦਾਰ ਹੋਣ, ਲੱਖਾਂ ਹੀ ਆਦਮੀ ਉੱਠ ਕੇ ਨਿੱਤ ਤੈਨੂੰ ਸਲਾਮ ਕਰਦੇ ਹੋਣ, (ਹੇ ਭਾਈ!) ਜੇ ਲੱਖਾਂ ਬੰਦਿਆਂ ਉਤੇ ਤੇਰੀ ਹਕੂਮਤ ਹੋਵੇ, ਲੱਖਾਂ ਬੰਦੇ ਉੱਠ ਕੇ ਤੇਰੀ ਇੱਜ਼ਤ ਕਰਦੇ ਹੋਣ, (ਤਾਂ ਭੀ ਕੀਹ ਹੋਇਆ) ਜੇ ਤੇਰੀ ਇਹ ਇੱਜ਼ਤ ਪਰਮਾਤਮਾ ਦੀ ਹਜ਼ੂਰੀ ਵਿਚ ਕਬੂਲ ਨ ਪਏ, ਤਾਂ ਤੇਰੇ ਇਥੇ ਜਗਤ ਵਿਚ ਕੀਤੇ ਸਾਰੇ ਹੀ ਕੰਮ ਵਿਅਰਥ ਗਏ ।੧।

ਜੇ ਲੱਖਾਂ ਰੁਪਏ ਖੱਟੇ ਜਾਣ, ਲੱਖਾਂ ਰੁਪਏ ਜੋੜੇ ਜਾਣ, ਲੱਖਾਂ ਰੁਪਏ ਖ਼ਰਚੇ ਭੀ ਜਾਣ, ਲੱਖਾਂ ਹੀ ਰੁਪਏ ਆਉਣ, ਤੇ ਲੱਖਾਂ ਹੀ ਚਲੇ ਜਾਣ, ਪਰ ਜੇ ਪ੍ਰਭੂ ਦੀ ਨਜ਼ਰ ਵਿਚ ਇਹ ਇੱਜ਼ਤ ਪਰਵਾਨ ਨਾਹ ਹੋਵੇ, ਤਾਂ (ਇਹਨਾਂ ਲੱਖਾਂ ਰੁਪਇਆਂ ਦੇ ਮਾਲਕ ਭੀ ਅੰਦਰੋਂ) ਦੁੱਖੀ ਹੀ ਰਹਿੰਦੇ ਹਨ ।੨।

ਲੱਖਾਂ ਵਾਰੀ ਸ਼ਾਸਤ੍ਰਾਂ ਦੀ ਵਿਆਖਿਆ ਕੀਤੀ ਜਾਏ, ਵਿਦਵਾਨ ਲੋਕ ਲੱਖਾਂ ਵਾਰੀ ਪੁਰਾਨ ਪੜ੍ਹਨ (ਤੇ ਦੁਨੀਆ ਵਿਚ ਆਪਣੀ ਵਿੱਦਿਆ ਦੇ ਕਾਰਨ ਇੱਜ਼ਤ ਹਾਸਲ ਕਰਨ), ਤਾਂ ਭੀ ਜੇ ਇਹ ਇੱਜ਼ਤ ਪ੍ਰਭੂ ਦੇ ਦਰ ਤੇ ਕਬੂਲ ਨ ਹੋਵੇ ਤਾਂ ਇਹ ਸਾਰੇ ਪੜ੍ਹਨੇ ਪੜ੍ਹਾਨੇ ਵਿਅਰਥ ਗਏ ।੩।

ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ ਜੁੜਿਆਂ ਹੀ (ਪ੍ਰਭੂ ਦੇ ਦਰ ਤੇ) ਇੱਜ਼ਤ ਮਿਲਦੀ ਹੈ, ਤੇ ਕਰਤਾਰ (ਦਾ ਇਹ) ਨਾਮ ਮਿਲਦਾ ਹੈ ਉਸ ਦੀ ਆਪਣੀ ਮੇਹਰ ਨਾਲ । ਹੇ ਨਾਨਕ! ਜੇ ਪਰਮਾਤਮਾ ਦਾ ਨਾਮ ਹਿਰਦੇ ਵਿਚ ਦਿਨ ਰਾਤ ਵੱਸਦਾ ਰਹੇ ਤਾਂ ਪਰਮਾਤਮਾ ਦੀ ਮੇਹਰ ਨਾਲ ਮਨੁੱਖ (ਸੰਸਾਰ-ਸਮੁੰਦਰ ਦਾ) ਪਾਰਲਾ ਬੰਨਾ ਲੱਭ ਲੈਂਦਾ ਹੈ ।੪।੧।੩੧।

ਨੋਟ:- ਅਖ਼ੀਰਲੇ ਅੰਕਾਂ ਵਿਚ ਅੰਕ ੧ ਦੱਸਦਾ ਹੈ ਕਿ 'ਘਰੁ ੩' ਦਾ ਇਹ ਪਹਿਲਾ ਸ਼ਬਦ ਹੈ, ਤੇ ਆਸਾ ਰਾਗ ਵਿਚ ਗੁਰੂ ਨਾਨਕ ਦੇਵ ਜੀ ਦੇ ਹੁਣ ਤਕ ੩੧ ਸ਼ਬਦ ਹੋ ਚੁਕੇ ਹਨ ।

ਆਸਾ ਮਹਲਾ ੧ ॥ ਦੀਵਾ ਮੇਰਾ ਏਕੁ ਨਾਮੁ ਦੁਖੁ ਵਿਚਿ ਪਾਇਆ ਤੇਲੁ ॥ ਉਨਿ ਚਾਨਣਿ ਓਹੁ ਸੋਖਿਆ ਚੂਕਾ ਜਮ ਸਿਉ ਮੇਲੁ ॥੧॥ ਲੋਕਾ ਮਤ ਕੋ ਫਕੜਿ ਪਾਇ ॥ ਲਖ ਮੜਿਆ ਕਰਿ ਏਕਠੇ ਏਕ ਰਤੀ ਲੇ ਭਾਹਿ ॥੧॥ ਰਹਾਉ ॥ ਪਿੰਡੁ ਪਤਲਿ ਮੇਰੀ ਕੇਸਉ ਕਿਰਿਆ ਸਚੁ ਨਾਮੁ ਕਰਤਾਰੁ ॥ ਐਥੈ ਓਥੈ ਆਗੈ ਪਾਛੈ ਏਹੁ ਮੇਰਾ ਆਧਾਰੁ ॥੨॥ ਗੰਗ ਬਨਾਰਸਿ ਸਿਫਤਿ ਤੁਮਾਰੀ ਨਾਵੈ ਆਤਮ ਰਾਉ ॥ ਸਚਾ ਨਾਵਣੁ ਤਾਂ ਥੀਐ ਜਾਂ ਅਹਿਨਿਸਿ ਲਾਗੈ ਭਾਉ ॥੩॥ ਇਕ ਲੋਕੀ ਹੋਰੁ ਛਮਿਛਰੀ ਬ੍ਰਾਹਮਣੁ ਵਟਿ ਪਿੰਡੁ ਖਾਇ ॥ ਨਾਨਕ ਪਿੰਡੁ ਬਖਸੀਸ ਕਾ ਕਬਹੂੰ ਨਿਖੂਟਸਿ ਨਾਹਿ ॥੪॥੨॥੩੨॥ {ਪੰਨਾ 358}

ਨੋਟ:- ਹਿੰਦੂ-ਮਰਯਾਦਾ ਅਨੁਸਾਰ ਜਦੋਂ ਕੋਈ ਪ੍ਰਾਣੀ ਮਰਨ ਲੱਗਦਾ ਹੈ ਤਾਂ ਉਸ ਨੂੰ ਮੰਜੇ ਤੋਂ ਹੇਠਾਂ ਲਾਹ ਲੈਂਦੇ ਹਨ । ਉਸ ਦੇ ਹੱਥ ਦੀ ਤਲੀ ਉਤੇ ਆਟੇ ਦਾ ਦੀਵਾ ਰੱਖ ਕੇ ਜਗਾ ਦੇਂਦੇ ਹਨ, ਤਾ ਕਿ ਜਿਸ ਅਣਡਿੱਠੇ ਹਨੇਰੇ ਰਸਤੇ ਉਸ ਦੀ ਆਤਮਾ ਨੇ ਜਾਣਾ ਹੈ, ਇਹ ਦੀਵਾ ਰਸਤੇ ਵਿਚ ਚਾਨਣ ਕਰੇ । ਉਸ ਦੇ ਮਰਨ ਪਿਛੋਂ ਜਵਾਂ ਜਾਂ ਚੌਲਾਂ ਦੇ ਆਟੇ ਦੇ ਪੇੜੇ (ਪਿੰਨ) ਪੱਤਰਾਂ ਦੀ ਥਾਲੀ (ਪੱਤਲ) ਉਤੇ ਰੱਖ ਕੇ ਮਣਸੇ ਜਾਂਦੇ ਹਨ । ਇਹ ਮਰੇ ਪ੍ਰਾਣੀ ਲਈ ਰਸਤੇ ਦੀ ਖ਼ੁਰਾਕ ਹੁੰਦੀ ਹੈ । ਮੌਤ ਤੋਂ ੧੩ ਦਿਨ ਪਿਛੋਂ 'ਕਿਰਿਆ' ਕੀਤੀ ਜਾਂਦੀ ਹੈ । ਆਚਰਜ (ਕਿਰਿਆ ਕਰਾਣ ਵਾਲਾ ਬ੍ਰਾਹਮਣ) ਵੇਦ-ਮੰਤ੍ਰ ਆਦਿਕ ਪੜ੍ਹਦਾ ਹੈ, ਮਰੇ ਪ੍ਰਾਣੀ ਨਮਿਤ ਇਕ ਲੰਮੀ ਮਰਯਾਦਾ ਕੀਤੀ ਜਾਂਦੀ ਹੈ । ੩੬੦ ਦੀਵੇ ਤੇ ਇਤਨੀਆਂ ਹੀ ਵੱਟੀਆਂ ਅਤੇ ਤੇਲ ਰੱਖਿਆ ਜਾਂਦਾ ਹੈ । ਉਹ ਵੱਟੀਆਂ ਇਕੱਠੀਆਂ ਹੀ ਤੇਲ ਵਿਚ ਭਿਉਂ ਕੇ ਬਾਲ ਦਿੱਤੀਆਂ ਜਾਂਦੀਆਂ ਹਨ । ਸ਼ਰਧਾ ਇਹ ਹੁੰਦੀ ਹੈ ਕਿ ਮਰੇ ਪ੍ਰਾਣੀ ਨੇ ਇਕ ਸਾਲ ਵਿਚ ਪਿਤਰ-ਲੋਕ ਤਕ ਪਹੁੰਚਣਾ ਹੈ, ਇਹ ੩੬੦ ਦੀਵੇ (ਇਕ ਇਕ ਦੀਵਾ ਹਰ ਰੋਜ਼) ਇਕ ਸਾਲ ਰਸਤੇ ਵਿਚ ਚਾਨਣ ਕਰਨਗੇ । ਸਸਕਾਰ ਤੋਂ ਚੌਥੇ ਦਿਨ ਮੜ੍ਹੀ ਫੋਲ ਕੇ ਸੜਨ ਤੋਂ ਬਚੀਆਂ ਹੱਡੀਆਂ (ਫੁੱਲ) ਚੁਣ ਲਈਆਂ ਜਾਂਦੀਆਂ ਹਨ । ਇਹ 'ਫੁੱਲ' ਹਰਿਦੁਆਰ ਜਾ ਕੇ ਗੰਗਾ ਵਿਚ ਪਰਵਾਹੇ ਜਾਂਦੇ ਹਨ । ਆਮ ਤੌਰ ਤੇ ਕਿਰਿਆ ਤੋਂ ਪਹਿਲਾਂ ਹੀ ਫੁੱਲ ਗੰਗਾ-ਪਰਵਾਹ ਕੀਤੇ ਜਾਂਦੇ ਹਨ ।

ਪਦਅਰਥ:- ਉਨਿ—ਉਸ ਨਾਲ । ਚਾਨਣਿ—ਚਾਨਣ ਨਾਲ । ਉਨਿ ਚਾਨਣਿ—ਉਸ ਚਾਨਣ ਨਾਲ । ਓਹੁ—ਉਹ ਦੁੱਖ-ਤੇਲ । ਸੋਖਿਆ—ਸੁੱਕ ਜਾਂਦਾ ਹੈ, ਮੁੱਕ ਜਾਂਦਾ ਹੈ ।੧।

ਫਕੜਿ—ਫੱਕੜੀ, ਮਸ਼ੌਲ । ਮੜਿਆ—ਢੇਰ । ਭਾਹਿ—ਅੱਗ ।੧।ਰਹਾਉ।

ਕੇਸਉ—{k|_v—k|_:- p|_Ôqw: siNq AÔX, ਲੰਮੇ ਕੇਸਾਂ ਵਾਲਾ} ਪਰਮਾਤਮਾ । ਆਧਾਰੁ—ਆਸਰਾ ।੨।

ਨਾਵੈ—ਇਸ਼ਨਾਨ ਕਰਦਾ ਹੈ । ਆਤਮ ਰਾਉ—ਜਿੰਦ, ਜੀਵਾਤਮਾ । ਅਹਿ—ਦਿਨ । ਨਿਸਿ—ਰਾਤ । ਭਾਉ—ਪ੍ਰੇਮ ।੩।

ਲੋਕੀ—ਦੇਵ-ਲੋਕ ਦੇ ਰਹਿਣ ਵਾਲੇ, ਦੇਵਤੇ । ਹੋਰ—ਦੂਜਾ (ਪਿੰਡ) । ਛਮਿਛਰੀ—{˜mw crl [˜mw, (ਖਜਮਾ) ਧਰਤੀ} ਧਰਤੀ ਤੇ ਤੁਰਨ ਵਾਲੇ, ਪਿਤਰ । ਵਟਿ—ਵੱਟ ਕੇ । ਬਖਸੀਸ—ਕਿਰਪਾ, ਮੇਹਰ । ਨਿਖੁਟਸਿ—ਮੁੱਕਦਾ ।੪।

ਅਰਥ:- ਮੇਰੇ ਵਾਸਤੇ ਪਰਮਾਤਮਾ ਦਾ ਨਾਮ ਹੀ ਦੀਵਾ ਹੈ (ਜੋ ਮੇਰੀ ਜ਼ਿੰਦਗੀ ਦੇ ਰਸਤੇ ਵਿਚ ਆਤਮਕ ਰੌਸ਼ਨੀ ਕਰਦਾ ਹੈ) ਉਸ ਦੀਵੇ ਵਿਚ ਮੈਂ (ਦੁਨੀਆ ਵਿਚ ਵਿਆਪਣ ਵਾਲਾ) ਦੁੱਖ (-ਰੂਪ) ਤੇਲ ਪਾਇਆ ਹੋਇਆ ਹੈ ।

ਉਸ (ਆਤਮਕ) ਚਾਨਣ ਨਾਲ ਉਹ ਦੁੱਖ-ਰੂਪ ਤੇਲ ਸੜਦਾ ਜਾਂਦਾ ਹੈ, ਤੇ ਜਮ ਨਾਲ ਮੇਰਾ ਵਾਹ ਭੀ ਮੁੱਕ ਜਾਂਦਾ ਹੈ {ਨੋਟ:- ਸੰਬੰਧਕ 'ਵਿਚਿ' ਦਾ ਸੰਬੰਧ ਲਫ਼ਜ਼ 'ਦੁਖੁ' ਨਾਲ ਨਹੀਂ ਹੈ । "ਦੀਵੇ ਵਿਚਿ ਦੁਖੁ ਤੇਲੁ ਪਾਇਆ"—ਇਉਂ ਅਰਥ ਕਰਨਾ ਹੈ} ।੧।

ਹੇ ਲੋਕੋ! ਮੇਰੀ ਗੱਲ ਉਤੇ ਮਖ਼ੌਲ ਨ ਉਡਾਓ । ਲੱਖਾਂ ਮਣਾਂ ਲੱਕੜ ਦੇ ਢੇਰ ਇਕੱਠੇ ਕਰ ਕੇ (ਜੇ) ਇੱਕ ਰਤੀ ਜਿਤਨੀ ਅੱਗ ਲਾ ਦੇਖੀਏ (ਤਾਂ ਉਹ ਸਾਰੇ ਢੇਰ ਸੁਆਹ ਹੋ ਜਾਂਦੇ ਹਨ । ਤਿਵੇਂ ਜਨਮਾਂ ਜਨਮਾਂਤਰਾਂ ਦੇ ਪਾਪਾਂ ਨੂੰ ਇੱਕ ਨਾਮ ਮੁਕਾ ਦੇਂਦਾ ਹੈ) ।੧।ਰਹਾਉ।

ਪੱਤਲਾਂ ਉਤੇ ਪਿੰਡ ਭਰਾਣੇ (ਮਣਸਾਣੇ) ਮੇਰੇ ਵਾਸਤੇ ਪਰਮਾਤਮਾ (ਦਾ ਨਾਮ) ਹੀ ਹੈ, ਮੇਰੇ ਵਾਸਤੇ ਕਿਰਿਆ ਭੀ ਕਰਤਾਰ (ਦਾ) ਸੱਚਾ ਨਾਮ ਹੀ ਹੈ । ਇਹ ਨਾਮ ਇਸ ਲੋਕ ਵਿਚ ਪਰਲੋਕ ਵਿਚ ਹਰ ਥਾਂ ਮੇਰੀ ਜ਼ਿੰਦਗੀ ਦਾ ਆਸਰਾ ਹੈ ।੨।

(ਹੇ ਪ੍ਰਭੂ!) ਤੇਰੀ ਸਿਫ਼ਤਿ-ਸਾਲਾਹ ਹੀ ਮੇਰੇ ਵਾਸਤੇ ਗੰਗਾ ਤੇ ਕਾਂਸ਼ੀ (ਆਦਿਕ ਤੀਰਥਾਂ ਦਾ ਇਸ਼ਨਾਨ ਹੈ, ਤੇਰੀ ਸਿਫ਼ਤਿ-ਸਾਲਾਹ ਵਿਚ ਹੀ ਮੇਰਾ ਆਤਮਾ ਇਸ਼ਨਾਨ ਕਰਦਾ ਹੈ । ਸੱਚਾ ਇਸ਼ਨਾਨ ਹੈ ਹੀ ਤਦੋਂ, ਜਦੋਂ ਦਿਨ ਰਾਤ ਪ੍ਰਭੂ-ਚਰਨਾਂ ਵਿਚ ਪ੍ਰੇਮ ਬਣਿਆ ਰਹੇ ।੩।

ਬ੍ਰਾਹਮਣ (ਜਵਾਂ ਜਾਂ ਚੌਲਾਂ ਦੇ ਆਟੇ ਦਾ) ਪਿੰਨ ਵੱਟ ਕੇ ਇਕ ਪਿੰਨ ਦੇਵਤਿਆਂ ਨੂੰ ਭੇਟਾ ਕਰਦਾ ਹੈ ਤੇ ਦੂਜਾ ਪਿੰਨ ਪਿਤਰਾਂ ਨੂੰ, (ਪਿੰਨ ਵੱਟਣ ਤੋਂ ਪਿਛੋਂ) ਉਹ ਆਪ (ਖੀਰ-ਪੂਰੀ ਆਦਿਕ ਜਜਮਾਨਾਂ ਦੇ ਘਰੋਂ) ਖਾਂਦਾ ਹੈ । (ਪਰ) ਹੇ ਨਾਨਕ! (ਬ੍ਰਾਹਮਣ ਦੀ ਰਾਹੀਂ ਦਿੱਤਾ ਹੋਇਆ ਇਹ ਪਿੰਨ ਕਦ ਤਕ ਟਿਕਿਆ ਰਹਿ ਸਕਦਾ ਹੈ? ਹਾਂ) ਪਰਮਾਤਮਾ ਦੀ ਮੇਹਰ ਦਾ ਪਿੰਨ ਕਦੇ ਮੁੱਕਦਾ ਹੀ ਨਹੀਂ ।੪।੨।੩੨।

ਨੋਟ:- 'ਘਰੁ ੩' ਦੇ ਇਥੇ ਦੋ ਸ਼ਬਦ ਖ਼ਤਮ ਹੁੰਦੇ ਹਨ । ਅਗਾਂਹ 'ਘਰੁ ੪' ਦਾ ਸ਼ਬਦ ਹੈ । ਮੂਲ-ਮੰਤ੍ਰ ਦਾ ਨਵੇਂ-ਸਿਰੇ ਲਿਖੇ ਜਾਣਾ ਭੀ ਇਹੀ ਦੱਸਦਾ ਹੈ ਕਿ ਇਹ ਸੰਗ੍ਰਹ ਖ਼ਤਮ ਹੋ ਕੇ ਨਵਾਂ ਸ਼ੁਰੂ ਹੋ ਰਿਹਾ ਹੈ । {ਪੰਨਾ ੩੫੮}

ਆਸਾ ਘਰੁ ੪ ਮਹਲਾ ੧ ੴ ਸਤਿਗੁਰ ਪ੍ਰਸਾਦਿ ॥ ਦੇਵਤਿਆ ਦਰਸਨ ਕੈ ਤਾਈ ਦੂਖ ਭੂਖ ਤੀਰਥ ਕੀਏ ॥ ਜੋਗੀ ਜਤੀ ਜੁਗਤਿ ਮਹਿ ਰਹਤੇ ਕਰਿ ਕਰਿ ਭਗਵੇ ਭੇਖ ਭਏ ॥੧॥ ਤਉ ਕਾਰਣਿ ਸਾਹਿਬਾ ਰੰਗਿ ਰਤੇ ॥ ਤੇਰੇ ਨਾਮ ਅਨੇਕਾ ਰੂਪ ਅਨੰਤਾ ਕਹਣੁ ਨ ਜਾਹੀ ਤੇਰੇ ਗੁਣ ਕੇਤੇ ॥੧॥ ਰਹਾਉ ॥ ਦਰ ਘਰ ਮਹਲਾ ਹਸਤੀ ਘੋੜੇ ਛੋਡਿ ਵਿਲਾਇਤਿ ਦੇਸ ਗਏ ॥ ਪੀਰ ਪੇਕਾਂਬਰ ਸਾਲਿਕ ਸਾਦਿਕ ਛੋਡੀ ਦੁਨੀਆ ਥਾਇ ਪਏ ॥੨॥ ਸਾਦ ਸਹਜ ਸੁਖ ਰਸ ਕਸ ਤਜੀਅਲੇ ਕਾਪੜ ਛੋਡੇ ਚਮੜ ਲੀਏ ॥ ਦੁਖੀਏ ਦਰਦਵੰਦ ਦਰਿ ਤੇਰੈ ਨਾਮਿ ਰਤੇ ਦਰਵੇਸ ਭਏ ॥੩॥ ਖਲੜੀ ਖਪਰੀ ਲਕੜੀ ਚਮੜੀ ਸਿਖਾ ਸੂਤੁ ਧੋਤੀ ਕੀਨ੍ਹੀ ॥ ਤੂੰ ਸਾਹਿਬੁ ਹਉ ਸਾਂਗੀ ਤੇਰਾ ਪ੍ਰਣਵੈ ਨਾਨਕੁ ਜਾਤਿ ਕੈਸੀ ॥੪॥੧॥੩੩॥ {ਪੰਨਾ 358}

ਨੋਟ:- 'ਘਰੁ ੪' ਦਾ ਇਹ ਇਕੋ ਹੀ ਸ਼ਬਦ ਹੈ ।

ਪਦਅਰਥ:- ਕੈ ਤਾਈ—ਦੀ ਖ਼ਾਤਰ । ਜੁਗਤਿ—ਮਰਯਾਦਾ । ਭਗਵੇ—ਗੇਰੂਏ ਰੰਗ ਦੇ ।੧।

ਤਉ ਕਾਰਣਿ—ਤੇਰੇ ਦੀਦਾਰ ਦੀ ਖ਼ਾਤਰ । ਰੰਗਿ—(ਤੇਰੇ) ਪ੍ਰੇਮ ਵਿਚ । ਕਹਣੁ ਨ ਜਾਹੀ—ਕਹਣੁ ਨ ਜਾਹਿ,

ਬਿਆਨ ਨਹੀਂ ਕੀਤੇ ਜਾ ਸਕਦੇ ।੧।ਰਹਾਉ।

ਮਹਲਾ—ਮਹਲ-ਮਾੜੀਆਂ । ਹਸਤੀ—ਹਾਥੀ । ਛੋਡਿ—ਛੱਡ ਕੇ । ਵਿਲਾਇਤਿ—ਵਤਨ । ਸਾਲਿਕ—ਗਿਆਨਵਾਨ, ਹੋਰਨਾਂ ਨੂੰ ਜੀਵਨ-ਰਾਹ ਦੱਸਣ ਵਾਲੇ । ਸਾਦਿਕ—ਸਿਦਕੀ । ਥਾਇ ਪਏ—ਕਬੂਲ ਹੋਣ ਵਾਸਤੇ ।੨।

ਸਹਜ—ਆਰਾਮ । ਰਸ ਕਸ—ਸਭ ਸੁਆਦਾਂ ਦੇ ਪਦਾਰਥ । ਤਜੀਅਲੇ—ਤਿਆਗ ਦਿੱਤੇ । ਦਰਿ ਤੇਰੈ—ਤੇਰੇ ਦਰਵਾਜ਼ੇ ਉਤੇ । ਦਰਵੇਸ—ਫ਼ਕੀਰ ।੩।

ਖਲੜੀ—ਭੰਗ ਆਦਿਕ ਪਾਣ ਲਈ ਚਮੜੇ ਦੀ ਝੋਲੀ । ਲਕੜੀ—ਡੰਡਾ । ਸਿਖਾ—ਬੋਦੀ । ਸੂਤੁ—ਜਨੇਊ । ਜਾਤਿ ਕੈਸੀ—ਮੈਨੂੰ ਕਿਸੇ ਜਾਤ ਦਾ ਮਾਣ ਨਹੀਂ ।੪।

ਅਰਥ:- ਹੇ ਮੇਰੇ ਮਾਲਿਕ! ਤੈਨੂੰ ਮਿਲਣ ਲਈ ਅਨੇਕਾਂ ਬੰਦੇ ਤੇਰੇ ਪਿਆਰ ਵਿਚ ਰੰਗੇ ਰਹਿੰਦੇ ਹਨ । ਤੇਰੇ ਅਨੇਕਾਂ ਨਾਮ ਹਨ, ਤੇਰੇ ਬੇਅੰਤ ਰੂਪ ਹਨ, ਤੇਰੇ ਬੇਅੰਤ ਹੀ ਗੁਣ ਹਨ, ਕਿਸੇ ਭੀ ਪਾਸੋਂ ਬਿਆਨ ਨਹੀਂ ਕੀਤੇ ਜਾ ਸਕਦੇ ।੧।ਰਹਾਉ।

ਦੇਵਤਿਆਂ ਨੇ ਭੀ ਤੇਰਾ ਦਰਸ਼ਨ ਕਰਨ ਵਾਸਤੇ ਦੁੱਖ ਸਹਾਰੇ, ਭੁੱਖਾਂ ਸਹਾਰੀਆਂ ਤੇ ਤੀਰਥ-ਰਟਨ ਕੀਤੇ । ਅਨੇਕਾਂ ਜੋਗੀ ਤੇ ਜਤੀ (ਆਪੋ ਆਪਣੀ) ਮਰਯਾਦਾ ਵਿਚ ਰਹਿੰਦੇ ਹੋਏ ਗੇਰੂਏ ਰੰਗ ਦੇ ਕੱਪੜੇ ਪਾਂਦੇ ਰਹੇ ।੧।

(ਤੇਰਾ ਦਰਸ਼ਨ ਕਰਨ ਵਾਸਤੇ ਹੀ ਰਾਜ-ਮਿਲਖ ਦੇ ਮਾਲਿਕ) ਆਪਣੇ ਮਹਲ-ਮਾੜੀਆਂ ਆਪਣੇ ਘਰ-ਬੂਹੇ ਹਾਥੀ ਘੋੜੇ ਆਪਣੇ ਦੇਸ ਵਤਨ ਛੱਡ ਕੇ (ਜੰਗਲੀਂ) ਚਲੇ ਗਏ ਅਨੇਕਾਂ ਪੀਰਾਂ ਪੈਗ਼ੰਬਰਾਂ ਗਿਆਨਵਾਨਾਂ ਤੇ ਸਿਦਕੀਆਂ ਨੇ ਤੇਰੇ ਦਰ ਤੇ ਕਬੂਲ ਹੋਣ ਵਾਸਤੇ ਦੁਨੀਆ ਛੱਡੀ ।੨।

ਅਨੇਕਾਂ ਬੰਦਿਆਂ ਨੇ ਦੁਨੀਆ ਦੇ ਸੁਆਦ ਸੁਖ ਆਰਾਮ ਤੇ ਸਭ ਰਸਾਂ ਦੇ ਪਦਾਰਥ ਛੱਡੇ, ਕੱਪੜੇ ਛੱਡ ਕੇ ਚਮੜਾ ਪਹਿਨਿਆ । ਅਨੇਕਾਂ ਬੰਦੇ ਦੁਖੀਆਂ ਵਾਂਗ ਦਰਦਵੰਦਾਂ ਵਾਂਗ ਤੇਰੇ ਦਰ ਤੇ ਫ਼ਰਿਆਦ ਕਰਨ ਲਈ ਤੇਰੇ ਨਾਮ ਵਿਚ ਰੰਗੇ ਰਹਿਣ ਲਈ (ਗ੍ਰਿਹਸਤ ਛੱਡ ਕੇ) ਫ਼ਕੀਰ ਹੋ ਗਏ ।੩।

ਕਿਸੇ ਨੇ (ਭੰਗ ਆਦਿਕ ਪਾਣ ਲਈ) ਚੰਮ ਦੀ ਝੋਲੀ ਲੈ ਲਈ, ਕਿਸੇ ਨੇ (ਘਰ ਘਰ ਮੰਗਣ ਲਈ) ਖੱਪਰ (ਹੱਥ ਵਿਚ) ਫੜ ਲਿਆ, ਕੋਈ ਡੰਡਾ-ਧਾਰੀ ਸੰਨਿਆਸੀ ਬਣਿਆ, ਕਿਸੇ ਨੇ ਮ੍ਰਿਗ-ਛਾਲਾ ਲੈ ਲਈ, ਕੋਈ ਬੋਦੀ ਜਨੇਊ ਤੇ ਧੋਤੀ ਦਾ ਧਾਰਨੀ ਹੋਇਆ । ਪਰ ਨਾਨਕ ਬੇਨਤੀ ਕਰਦਾ ਹੈ—ਹੇ ਪ੍ਰਭੂ! ਤੂੰ ਮੇਰਾ ਮਾਲਿਕ ਹੈਂ, ਮੈਂ ਸਿਰਫ਼ ਤੇਰਾ ਸਾਂਗੀ ਹਾਂ (ਭਾਵ, ਮੈਂ ਸਿਰਫ਼ ਤੇਰਾ ਅਖਵਾਂਦਾ ਹਾਂ, ਜਿਵੇਂ ਤੂੰ ਮੈਨੂੰ ਰੱਖਦਾ ਹੈਂ ਤਿਵੇਂ ਹੀ ਰਹਿੰਦਾ ਹਾਂ) ਕਿਸੇ ਖ਼ਾਸ ਸ਼੍ਰੇਣੀ ਵਿਚ ਹੋਣ ਦਾ ਮੈਨੂੰ ਕੋਈ ਮਾਣ ਨਹੀਂ ।੪।੧।੩੩।

ਵੇਖੋ ਪੰਨਾ ੬੬੭, ਮ: ੪

"ਸੰਤ ਜਨਾ ਕੀ ਜਾਤਿ ਹਰਿ ਸੁਆਮੀ, ਤੁਮ ਠਾਕੁਰ ਹਮ ਸਾਂਗੀ ॥

(ਸਾਂਗੀ ਦਾ ਭਾਵ:)

ਜੈਸੀ ਮਤਿ ਦੇਵਹੁ ਹਰਿ ਸੁਆਮੀ, ਹਮ ਤੈਸੇ ਬੁਲਗ ਬੁਲਾਗੀ" ।੩।੧।

ਆਸਾ ਘਰੁ ੫ ਮਹਲਾ ੧ ੧ੴ ਸਤਿਗੁਰ ਪ੍ਰਸਾਦਿ ॥ ਭੀਤਰਿ ਪੰਚ ਗੁਪਤ ਮਨਿ ਵਾਸੇ ॥ ਥਿਰੁ ਨ ਰਹਹਿ ਜੈਸੇ ਭਵਹਿ ਉਦਾਸੇ ॥੧॥ ਮਨੁ ਮੇਰਾ ਦਇਆਲ ਸੇਤੀ ਥਿਰੁ ਨ ਰਹੈ ॥ ਲੋਭੀ ਕਪਟੀ ਪਾਪੀ

ਪਾਖੰਡੀ ਮਾਇਆ ਅਧਿਕ ਲਗੈ ॥੧॥ ਰਹਾਉ ॥ ਫੂਲ ਮਾਲਾ ਗਲਿ ਪਹਿਰਉਗੀ ਹਾਰੋ ॥ ਮਿਲੈਗਾ ਪ੍ਰੀਤਮੁ ਤਬ ਕਰਉਗੀ ਸੀਗਾਰੋ ॥੨॥ ਪੰਚ ਸਖੀ ਹਮ ਏਕੁ ਭਤਾਰੋ ॥ ਪੇਡਿ ਲਗੀ ਹੈ ਜੀਅੜਾ ਚਾਲਣਹਾਰੋ ॥੩॥ ਪੰਚ ਸਖੀ ਮਿਲਿ ਰੁਦਨੁ ਕਰੇਹਾ ॥ ਸਾਹੁ ਪਜੂਤਾ ਪ੍ਰਣਵਤਿ ਨਾਨਕ ਲੇਖਾ ਦੇਹਾ ॥੪॥੧॥੩੪॥ {ਪੰਨਾ 359}

ਨੋਟ:- ਇਹ ਸ਼ਬਦ 'ਘਰੁ ੫' ਦਾ ਹੈ । ਨਵਾਂ ਸੰਗ੍ਰਹ ਹੈ । ਮੂਲ ਮੰਤ੍ਰ ਫਿਰ ਨਵੇਂ ਸਿਰੇ ਦਰਜ ਹੈ ।

ਪਦਅਰਥ:- ਭੀਤਰਿ—ਮਨ ਦੇ ਧੁਰ ਅੰਦਰ । ਪੰਚ—ਪੰਜ ਕਾਮਾਦਿਕ । ਗੁਪਤ—ਲੁਕੇ ਹੋਏ । ਮਨਿ—ਮਨ ਵਿਚ । ਥਿਰੁ ਨ ਰਹਹਿ—ਟਿਕਦੇ ਨਹੀਂ । ਉਦਾਸੇ—ਠਠੰਬਰੇ ਹੋਏ । ਜੈਸੇ—ਜਿਵੇਂ ।੧।

ਸੇਤੀ—ਨਾਲ । ਥਿਰੁ ਨ ਰਹੈ—ਟਿਕਦਾ ਨਹੀਂ, ਜੁੜਦਾ ਨਹੀਂ । ਅਧਿਕ—ਬਹੁਤ ।੧।ਰਹਾਉ।

ਪਹਿਰਉਗੀ—ਮੈਂ ਪਹਿਨਾਂਗੀ । ਕਰਉਗੀ—ਮੈਂ ਕਰਾਂਗੀ ।੨।

ਪੰਚ ਸਖੀ—ਪੰਜ ਸਹੇਲੀਆਂ, ਗਿਆਨ-ਇੰਦ੍ਰੇ । ਹਮ—ਸਾਡੀਆਂ, ਮੇਰੀਆਂ । ਭਤਾਰੋ—ਖਸਮ, ਜੀਵਾਤਮਾ । ਪੇਡਿ—ਪੇਡ ਵਿਚ, ਸਰੀਰ ਵਿਚ, ਸਰੀਰ ਦੇ ਭੋਗ ਵਿਚ ।੩।

ਮਿਲਿ—ਮਿਲ ਕੇ । ਰੁਦਨੁ ਕਰੇਹਾ—ਰੁਦਨ ਕਰਦੀਆਂ ਹਨ, ਰੋ ਹੀ ਛੱਡਦੀਆਂ ਹਨ, ਸਾਥ ਛੱਡ ਦੇਂਦੀਆਂ ਹਨ । ਸਾਹੁ—ਜੀਵਾਤਮਾ । ਪਜੂਤਾ—ਫੜਿਆ ਜਾਂਦਾ ਹੈ ।੪।

ਅਰਥ:- ਮੇਰਾ ਮਨ ਦਿਆਲ ਪਰਮਾਤਮਾ ਦੀ ਯਾਦ ਵਿਚ ਜੁੜਦਾ ਨਹੀਂ ਹੈ । ਇਸ ਉਤੇ ਮਾਇਆ ਨੇ ਬਹੁਤ ਜ਼ੋਰ ਪਾਇਆ ਹੋਇਆ ਹੈ । ਇਹ ਲੋਭੀ ਕਪਟੀ ਪਾਪੀ ਪਾਖੰਡੀ ਬਣਿਆ ਪਿਆ ਹੈ ।੧।

ਮੇਰੇ ਮਨ ਵਿਚ ਧੁਰ ਅੰਦਰ ਪੰਜ ਕਾਮਾਦਿਕ ਲੁਕੇ ਪਏ ਹਨ, ਉਹ ਠਠੰਬਰੇ ਹੋਇਆਂ ਵਾਂਗ ਭੱਜੇ ਫਿਰਦੇ ਹਨ, ਨਾਹ ਉਹ ਆਪ ਟਿਕਦੇ ਹਨ (ਨਾਹ ਮੇਰੇ ਮਨ ਨੂੰ ਟਿਕਣ ਦੇਂਦੇ ਹਨ) ।੧।

(ਮੇਰਾ ਸਰੀਰ ਉਸ ਨਾਰ ਵਾਂਗ ਆਪਣੇ ਸਿੰਗਾਰ ਦੇ ਆਹਰਾਂ ਵਿਚ ਰਹਿੰਦਾ ਹੈ ਜੋ ਆਪਣੇ ਪਤੀ ਦੀ ਉਡੀਕ ਵਿਚ ਹੈ ਤੇ ਆਖਦੀ ਹੈ—) ਮੈਂ ਆਪਣੇ ਗਲ ਵਿਚ ਫੁੱਲਾਂ ਦੀ ਮਾਲਾ ਪਾਵਾਂਗੀ, ਫੁੱਲਾਂ ਦਾ ਹਾਰ ਪਾਵਾਂਗੀ, ਮੇਰਾ ਪਤੀ ਮਿਲੇਗਾ ਤਾਂ ਮੈਂ ਸਿੰਗਾਰ ਕਰਾਂਗੀ ।੨।

ਮੇਰੀਆਂ ਪੰਜੇ ਸਹੇਲੀਆਂ ਭੀ (ਗਿਆਨ-ਇੰਦ੍ਰੇ ਭੀ) ਜਿਨ੍ਹਾਂ ਦਾ ਜੀਵਾਤਮਾ ਹੀ ਖਸਮ ਹੈ (ਭਾਵ, ਜਿਨ੍ਹਾਂ ਦਾ ਸੁਖ ਦੁਖ ਜੀਵਾਤਮਾ ਦੇ ਸੁਖ ਦੁਖ ਨਾਲ ਸਾਂਝਾ ਹੈ) (ਜੀਵਾਤਮਾ ਦੀ ਮਦਦ ਕਰਨ ਦੇ ਥਾਂ) ਸਰੀਰ ਦੇ ਭੋਗ ਵਿਚ ਹੀ ਲੱਗੀਆਂ ਹੋਈਆਂ ਹਨ (ਉਹਨਾਂ ਨੂੰ ਚਿੱਤ ਚੇਤੇ ਹੀ ਨਹੀਂ ਕਿ ਇਸ ਸਰੀਰ ਨਾਲੋਂ ਇਸ ਜੀਵਾਤਮਾ ਦਾ ਵਿਛੋੜਾ ਹੋ ਜਾਣਾ ਹੈ) ਜੀਵਾਤਮਾ ਨੇ ਚਲੇ ਜਾਣਾ ਹੈ ।੩।

(ਆਖ਼ਰ ਵਿਛੋੜੇ ਦਾ ਵੇਲਾ ਆ ਜਾਂਦਾ ਹੈ) ਪੰਜੇ ਸਹੇਲੀਆਂ ਰਲ ਕੇ ਸਿਰਫ਼ ਰੋ ਹੀ ਛਡਦੀਆਂ ਹਨ (ਭਾਵ, ਪੰਜੇ ਗਿਆਨ-ਇੰਦ੍ਰੇ ਜੀਵਾਤਮਾ ਦਾ ਸਾਥ ਛੱਡ ਦੇਂਦੇ ਹਨ, ਤੇ) ਨਾਨਕ ਆਖਦਾ ਹੈ ਕਿ ਜੀਵਾਤਮਾ (ਇਕੱਲਾ) ਲੇਖਾ ਦੇਣ ਲਈ ਫੜਿਆ ਜਾਂਦਾ ਹੈ ।੪।੧।੩੪।

ਨੋਟ:- 'ਘਰੁ ੫' ਇਥੇ ਖ਼ਤਮ ਹੈ । ਫਿਰ ਮੂਲ ਮੰਤ੍ਰ ਹੈ, ਨਵਾਂ ਸੰਗ੍ਰਹ 'ਘਰੁ ੬' ਦਾ ਸ਼ੁਰੂ ਹੁੰਦਾ ਹੈ । 'ਘਰੁ ੬' ਦੇ ਪੰਜ ਸ਼ਬਦ ਹਨ ।

ੴ ਸਤਿਗੁਰ ਪ੍ਰਸਾਦਿ ॥ ਆਸਾ ਘਰੁ ੬ ਮਹਲਾ ੧ ॥ ਮਨੁ ਮੋਤੀ ਜੇ ਗਹਣਾ ਹੋਵੈ ਪਉਣੁ ਹੋਵੈ ਸੂਤ ਧਾਰੀ ॥ ਖਿਮਾ ਸੀਗਾਰੁ ਕਾਮਣਿ ਤਨਿ ਪਹਿਰੈ ਰਾਵੈ ਲਾਲ ਪਿਆਰੀ ॥੧॥ ਲਾਲ ਬਹੁ ਗੁਣਿ ਕਾਮਣਿ ਮੋਹੀ ॥ ਤੇਰੇ ਗੁਣ ਹੋਹਿ ਨ ਅਵਰੀ ॥੧॥ ਰਹਾਉ ॥ ਹਰਿ ਹਰਿ ਹਾਰੁ ਕੰਠਿ ਲੇ ਪਹਿਰੈ ਦਾਮੋਦਰੁ ਦੰਤੁ ਲੇਈ ॥ ਕਰ ਕਰਿ ਕਰਤਾ ਕੰਗਨ ਪਹਿਰੈ ਇਨ ਬਿਧਿ ਚਿਤੁ ਧਰੇਈ ॥੨॥ ਮਧੁਸੂਦਨੁ ਕਰ ਮੁੰਦਰੀ ਪਹਿਰੈ ਪਰਮੇਸਰੁ ਪਟੁ ਲੇਈ ॥ ਧੀਰਜੁ ਧੜੀ ਬੰਧਾਵੈ ਕਾਮਣਿ ਸ੍ਰੀਰੰਗੁ ਸੁਰਮਾ ਦੇਈ ॥੩॥ ਮਨ ਮੰਦਰਿ ਜੇ ਦੀਪਕੁ ਜਾਲੇ ਕਾਇਆ ਸੇਜ ਕਰੇਈ ॥ ਗਿਆਨ ਰਾਉ ਜਬ ਸੇਜੈ ਆਵੈ ਤ ਨਾਨਕ ਭੋਗੁ ਕਰੇਈ ॥੪॥੧॥੩੫॥ {ਪੰਨਾ 359}

ਪਦਅਰਥ:- ਪਉਣੁ—ਹਵਾ, ਸੁਆਸ । ਸੂਤ—ਧਾਗਾ । ਕਾਮਣਿ—ਇਸਤ੍ਰੀ । ਤਨਿ—ਤਨ ਉਤੇ । ਰਾਵੇ—ਮਾਣਦੀ ਹੈ, ਮਿਲਦੀ ਹੈ ।੧।

ਲਾਲ—ਹੇ ਲਾਲ! ਬਹੁ ਗੁਣਿ—ਬਹੁਤ ਗੁਣਾਂ ਵਾਲੇ । ਹੋਹਿ ਨ—ਨਹੀਂ ਹਨ । ਅਵਰੀ—ਕਿਸੇ ਹੋਰ ਵਿਚ ।੧।ਰਹਾਉ।

ਕੰਠਿ—ਗਲ ਵਿਚ । ਦਾਮੋਦਰੁ—{ਦਾਮ ਉਦਰ—ਜਿਸ ਦੇ ਲੱਕ ਦੁਆਲੇ ਤੜਾਗੀ ਹੈ} ਪਰਮਾਤਮਾ । ਦੰਤੁ—ਦੰਦਾਸਾ । ਕਰ—ਹੱਥਾਂ ਵਿਚ । ਕਰਿ—ਕਰ ਕੇ । ਚਿਤ ਧਰੇਈ—ਚਿੱਤ ਨੂੰ ਟਿਕਾਏ ।੨।

ਮਧੁਸੂਦਨੁ—ਪਰਮਾਤਮਾ । ਕਰ—ਹੱਥਾਂ (ਦੀਆਂ ਉਂਗਲੀਆਂ) ਤੇ । ਪਟੁ—ਰੇਸ਼ਮੀ ਕੱਪੜਾ । ਧੜੀ—ਮਾਂਗ, ਪੱਟੀ । ਸ੍ਰੀਰੰਗੁ—ਲੱਛਮੀ ਦਾ ਪਤੀ, ਪਰਮਾਤਮਾ ।੩।

ਮੰਦਰਿ—ਮੰਦਰ ਵਿਚ । ਦੀਪਕੁ—ਦੀਵਾ । ਕਾਇਆ—ਸਰੀਰ, ਹਿਰਦਾ । ਗਿਆਨ ਰਾਉ—ਗਿਆਨ ਦਾ ਰਾਜਾ ।੪।

ਨੋਟ:- ਇਸਤ੍ਰੀ ਆਪਣੇ ਪਤੀ ਨੂੰ ਮਿਲਣ ਦੀ ਆਸ ਤੇ ਆਪਣਾ ਸਰੀਰ ਸਿੰਗਾਰਦੀ ਹੈ ਤਾ ਕਿ ਪਤੀ ਨੂੰ ਉਸ ਦਾ ਸਰੀਰ ਚੰਗਾ ਲੱਗੇ । ਜੀਵ-ਇਸਤ੍ਰੀ ਤੇ ਪਰਮਾਤਮਾ-ਪਤੀ ਦਾ ਆਤਮਕ ਮੇਲ ਹੀ ਹੋ ਸਕਦਾ ਹੈ, ਇਸ ਮੇਲ ਦੀ ਸੰਭਾਵਨਾ ਤਦੋਂ ਹੀ ਹੋ ਸਕਦੀ ਹੈ, ਜੇ ਜੀਵ-ਇਸਤ੍ਰੀ ਆਪਣੇ ਆਤਮਾ ਨੂੰ ਸੁੰਦਰ ਬਣਾਏ । ਆਤਮਾ ਦੀ ਖ਼ੂਬ-ਸੂਰਤੀ ਵਾਸਤੇ ਇਸ ਸ਼ਬਦ ਵਿਚ ਹੇਠ-ਲਿਖੇ ਆਤਮਕ ਗਹਿਣੇ ਦੱਸੇ ਗਏ ਹਨ—ਪਵਿਤ੍ਰ ਆਚਰਨ, ਸੁਆਸ ਸੁਆਸ ਨਾਮ ਦਾ ਜਾਪ, ਖਿਮਾ, ਧੀਰਜ, ਗਿਆਨ, ਆਦਿਕ ।

ਅਰਥ:- ਹੇ ਬਹੁ-ਗੁਣੀ ਲਾਲ ਪ੍ਰਭੂ! ਜੇਹੜੀ ਜੀਵ-ਇਸਤ੍ਰੀ ਤੇਰੇ ਗੁਣਾਂ ਵਿਚ ਸੁਰਤਿ ਜੋੜਦੀ ਹੈ, ਉਸ ਨੂੰ ਤੇਰੇ ਵਾਲੇ ਗੁਣ ਕਿਸੇ ਹੋਰ ਵਿਚ ਨਹੀਂ ਦਿੱਸਦੇ (ਉਹ ਤੈਨੂੰ ਵਿਸਾਰ ਕੇ ਕਿਸੇ ਹੋਰ ਪਾਸੇ ਪ੍ਰੀਤ ਨਹੀਂ ਜੋੜਦੀ) ।੧।ਰਹਾਉ।

ਜੇ ਜੀਵ-ਇਸਤ੍ਰੀ ਆਪਣੇ ਮਨ ਨੂੰ ਸੁੱਚੇ ਮੋਤੀ ਵਰਗਾ ਗਹਿਣਾ ਬਣਾ ਲਏ (ਮੋਤੀਆਂ ਦੀ ਮਾਲਾ ਬਣਾਨ ਲਈ ਧਾਗੇ ਦੀ ਲੋੜ ਪੈਂਦੀ ਹੈ) ਜੇ ਸੁਆਸ ਸੁਆਸ (ਦਾ ਸਿਮਰਨ ਮੋਤੀ ਪ੍ਰੋਣ ਲਈ) ਧਾਗਾ ਬਣੇ, ਜੇ ਦੁਨੀਆ ਦੀ ਵਧੀਕੀ ਨੂੰ ਸਹਾਰ ਲੈਣ ਦੇ ਸੁਭਾਵ ਨੂੰ ਜੀਵ-ਇਸਤ੍ਰੀ ਸਿੰਗਾਰ ਬਣਾ ਕੇ ਆਪਣੇ ਸਰੀਰ ਉਤੇ ਪਹਿਨ ਲਏ, ਤਾਂ ਪਤੀ-ਪ੍ਰਭੂ ਦੀ ਪਿਆਰੀ ਹੋ ਕੇ ਉਸ ਨੂੰ ਮਿਲ ਪੈਂਦੀ ਹੈ ।੧।

ਜੇ ਜੀਵ-ਇਸਤ੍ਰੀ ਪਰਮਾਤਮਾ ਦੀ ਹਰ ਵੇਲੇ ਯਾਦ ਨੂੰ ਹਾਰ ਬਣਾ ਕੇ ਆਪਣੇ ਗਲ ਵਿਚ ਪਾ ਲਏ, ਜੇ ਪ੍ਰਭੂ-

ਸਿਮਰਨ ਨੂੰ (ਦੰਦਾਂ ਦਾ) ਦੰਦਾਸਾ ਵਰਤੇ, ਜੇ ਕਰਤਾਰ ਦੀ ਭਗਤੀ-ਸੇਵਾ ਨੂੰ ਕੰਗਣ ਬਣਾ ਕੇ ਹੱਥੀਂ ਪਾ ਲਏ, ਤਾਂ ਇਸ ਤਰ੍ਹਾਂ ਉਸ ਦਾ ਚਿੱਤ ਪ੍ਰਭੂ-ਚਰਨਾਂ ਵਿਚ ਟਿਕਿਆ ਰਹਿੰਦਾ ਹੈ ।੨।

ਜੇ ਜੀਵ-ਇਸਤ੍ਰੀ ਹਰੀ-ਭਜਨ ਦੀ ਮੁੰਦਰੀ ਬਣਾ ਕੇ ਹੱਥ ਦੀ ਉਂਗਲੀ ਵਿਚ ਪਾ ਲਏ, ਪ੍ਰਭੂ ਨਾਮ ਦੀ ਓਟ ਨੂੰ ਆਪਣੀ ਪਤ ਦਾ ਰਾਖਾ ਰੇਸ਼ਮੀ ਕਪੜਾ ਬਣਾਏ, (ਸਿਮਰਨ ਦੀ ਬਰਕਤਿ ਨਾਲ ਪ੍ਰਾਪਤ ਕੀਤੀ) ਗੰਭੀਰਤਾ ਨੂੰ ਪੱਟੀਆਂ ਸਜਾਣ ਹਿਤ ਵਰਤੇ, ਲੱਛਮੀ-ਪਤੀ ਪ੍ਰਭੂ ਦੇ ਨਾਮ ਦਾ (ਅੱਖਾਂ ਵਿਚ) ਸੁਰਮਾ ਪਾਏ ।੩।

ਜੇ ਜੀਵ-ਇਸਤ੍ਰੀ ਆਪਣੇ ਮਨ ਦੇ ਮਹਿਲ ਵਿਚ ਗਿਆਨ ਦਾ ਦੀਵਾ ਜਗਾਏ, ਹਿਰਦੇ ਨੂੰ (ਪ੍ਰਭੂ-ਮਿਲਾਪ ਵਾਸਤੇ) ਸੇਜ ਬਣਾਏ, ਹੇ ਨਾਨਕ! (ਉਸ ਦੇ ਇਸ ਸਾਰੇ ਆਤਮਕ ਸਿੰਗਾਰ ਉਤੇ ਰੀਝ ਕੇ) ਜਦੋਂ ਗਿਆਨ-ਦਾਤਾ ਪ੍ਰਭੂ ਉਸ ਦੀ ਹਿਰਦੇ-ਸੇਜ ਉਤੇ ਪਰਗਟ ਹੁੰਦਾ ਹੈ, ਤਾਂ ਉਸ ਨੂੰ ਆਪਣੇ ਨਾਲ ਮਿਲਾ ਲੈਂਦਾ ਹੈ ।੪।੧।੩੫।

ਨੋਟ:- 'ਘਰੁ ੬' ਦੇ ਸ਼ਬਦਾਂ ਦੇ ਸੰਗ੍ਰਹ ਦਾ ਇਹ ਪਹਿਲਾ ਸ਼ਬਦ ਹੈ । ਇਸ ਸੰਗ੍ਰਹ ਵਿਚ ੫ ਸ਼ਬਦ ਹਨ ਵੱਡੇ ਅੰਕ ਤੋਂ ਪਹਿਲਾ ਛੋਟਾ ਅੰਕ ਇਸ ਸੰਗ੍ਰਹ ਦਾ ਹੀ ਹੈ ।

ਆਸਾ ਮਹਲਾ ੧ ॥ ਕੀਤਾ ਹੋਵੈ ਕਰੇ ਕਰਾਇਆ ਤਿਸੁ ਕਿਆ ਕਹੀਐ ਭਾਈ ॥ ਜੋ ਕਿਛੁ ਕਰਣਾ ਸੋ ਕਰਿ ਰਹਿਆ ਕੀਤੇ ਕਿਆ ਚਤੁਰਾਈ ॥੧॥ ਤੇਰਾ ਹੁਕਮੁ ਭਲਾ ਤੁਧੁ ਭਾਵੈ ॥ ਨਾਨਕ ਤਾ ਕਉ ਮਿਲੈ ਵਡਾਈ ਸਾਚੇ ਨਾਮਿ ਸਮਾਵੈ ॥੧॥ ਰਹਾਉ ॥ ਕਿਰਤੁ ਪਇਆ ਪਰਵਾਣਾ ਲਿਖਿਆ ਬਾਹੁੜਿ ਹੁਕਮੁ ਨ ਹੋਈ ॥ ਜੈਸਾ ਲਿਖਿਆ ਤੈਸਾ ਪੜਿਆ ਮੇਟਿ ਨ ਸਕੈ ਕੋਈ ॥੨॥ ਜੇ ਕੋ ਦਰਗਹ ਬਹੁਤਾ ਬੋਲੈ ਨਾਉ ਪਵੈ ਬਾਜਾਰੀ ॥ ਸਤਰੰਜ ਬਾਜੀ ਪਕੈ ਨਾਹੀ ਕਚੀ ਆਵੈ ਸਾਰੀ ॥੩॥ ਨਾ ਕੋ ਪੜਿਆ ਪੰਡਿਤੁ ਬੀਨਾ ਨਾ ਕੋ ਮੂਰਖੁ ਮੰਦਾ ॥ ਬੰਦੀ ਅੰਦਰਿ ਸਿਫਤਿ ਕਰਾਏ ਤਾ ਕਉ ਕਹੀਐ ਬੰਦਾ ॥੪॥੨॥੩੬॥ {ਪੰਨਾ 359}

ਪਦਅਰਥ:- ਕੀਤਾ ਹੋਵੈ—ਜੋ ਪ੍ਰਭੂ ਦਾ ਪੈਦਾ ਕੀਤਾ ਹੋਇਆ ਹੈ, ਜੀਵ । ਕਿਆ ਕਹੀਐ—ਕੀਹ ਗਿਲਾ? ਭਾਈ—ਹੇ ਭਾਈ! ਕੀਤੇ—ਜੀਵ ਦੀ । ਕਿਆ—ਕੁਝ ਸੰਵਾਰ ਨਹੀਂ ਸਕਦੀ ।੧।

ਤੁਧੁ ਭਾਵੈ—ਜੇਹੜਾ ਜੀਵ ਤੈਨੂੰ ਚੰਗਾ ਲਗਦਾ ਹੈ । ਭਲਾ—ਪਿਆਰਾ, ਸੁਖਾਵਾਂ । ਨਾਮਿ—ਨਾਮ ਵਿਚ ।੧।ਰਹਾਉ।

ਕਿਰਤੁ—ਕੀਤਾ ਹੋਇਆ ਕੰਮ, ਜਨਮ ਜਨਮਾਂਤਰਾਂ ਦੇ ਕੀਤੇ ਕੰਮਾਂ ਦੇ ਸੰਸਕਾਰਾਂ ਦਾ ਇਕੱਠ । ਪਇਆ—ਪਿਆ ਹੋਇਆ, ਉਕਰਿਆ ਹੋਇਆ । ਪਰਵਾਣਾ—ਪਰਵਾਨਾ, ਲੇਖ । ਬਾਹੁੜਿ—ਮੁੜ, ਉਸ ਦੇ ਉਲਟ । ਪੜਿਆ—ਪਰਗਟ ਹੁੰਦਾ ਹੈ, ਵਾਪਰਦਾ ਹੈ ।੨।

ਦਰਗਹ—ਹਜ਼ੂਰੀ ਵਿਚ, ਸਾਹਮਣੇ । ਬਾਜਾਰੀ—ਅਵਾਰਾ ਬੈਣ ਵਾਲਾ, ਬੜਬੋਲਾ । ਪਕੈ ਨਾਹੀ—ਪੁੱਗਦੀ ਨਹੀਂ, ਜਿੱਤੀ ਨਹੀਂ ਜਾਂਦੀ । ਸਾਰੀ—ਨਰਦ ।੩।

ਬੀਨਾ—ਸਿਆਣਾ । ਮੰਦਾ—ਮਾੜਾ, ਭੈੜਾ । ਬੰਦੀ—ਰਜ਼ਾ ।੪।

ਅਰਥ:- (ਹੇ ਪ੍ਰਭੂ!) ਜੇਹੜਾ ਜੀਵ ਤੈਨੂੰ ਚੰਗਾ ਲਗਦਾ ਹੈ, ਉਸ ਨੂੰ ਤੇਰੀ ਰਜ਼ਾ ਮਿੱਠੀ ਲੱਗਣ ਲੱਗ ਪੈਂਦੀ ਹੈ । (ਸੋ) ਹੇ ਨਾਨਕ! (ਪ੍ਰਭੂ ਦੇ ਦਰ ਤੋਂ) ਉਸ ਜੀਵ ਨੂੰ ਆਦਰ ਮਿਲਦਾ ਹੈ ਜੋ (ਉਸ ਦੀ ਰਜ਼ਾ ਵਿਚ ਰਹਿ ਕੇ) ਉਸ ਸਦਾ-ਥਿਰ ਮਾਲਕ ਦੇ ਨਾਮ ਵਿਚ ਲੀਨ ਰਹਿੰਦਾ ਹੈ ।੧।ਰਹਾਉ।

(ਪਰ) ਹੇ ਭਾਈ! ਜੀਵ ਦੇ ਕੀਹ ਵੱਸ? ਜੀਵ ਉਹੀ ਕੁਝ ਕਰਦਾ ਹੈ ਜੋ ਪਰਮਾਤਮਾ ਉਸ ਤੋਂ ਕਰਾਂਦਾ ਹੈ । ਜੀਵ ਦੀ ਕੋਈ ਸਿਆਣਪ ਕੰਮ ਨਹੀਂ ਆਉਂਦੀ, ਜੋ ਕੁਝ ਅਕਾਲ ਪੁਰਖ ਕਰਨਾ ਚਾਹੁੰਦਾ ਹੈ, ਉਹੀ ਕਰ ਰਿਹਾ ਹੈ ।੧।

ਸਾਡੇ ਜਨਮ ਜਨਮਾਂਤਰਾਂ ਦੇ ਕੀਤੇ ਕੰਮਾਂ ਦੇ ਸੰਸਕਾਰਾਂ ਦਾ ਜੋ ਇਕੱਠ ਸਾਡੇ ਮਨ ਵਿਚ ਉਕਰਿਆ ਪਿਆ ਹੁੰਦਾ ਹੈ, ਉਸ ਦੇ ਅਨੁਸਾਰ ਸਾਡੀ ਜੀਵਨ-ਰਾਹਦਾਰੀ ਲਿਖੀ ਪਈ ਹੁੰਦੀ ਹੈ, ਉਸ ਦੇ ਉਲਟ ਜ਼ੋਰ ਨਹੀਂ ਚੱਲ ਸਕਦਾ । ਫਿਰ ਜੇਹੋ ਜੇਹਾ ਉਹ ਜੀਵਨ-ਲੇਖ ਲਿਖਿਆ ਪਿਆ ਹੈ, ਉਸ ਦੇ ਅਨੁਸਾਰ (ਜੀਵਨ-ਸਫ਼ਰ) ਉਘੜਦਾ ਚਲਾ ਆਉਂਦਾ ਹੈ, ਕੋਈ (ਉਹਨਾਂ ਲੀਹਾਂ ਨੂੰ ਆਪਣੇ ਉੱਦਮ ਨਾਲ) ਮਿਟਾ ਨਹੀਂ ਸਕਦਾ (ਉਹਨਾਂ ਨੂੰ ਮਿਟਾਣ ਦਾ ਇਕੋ ਇਕ ਤਰੀਕਾ ਹੈ—ਰਜ਼ਾ ਵਿਚ ਤੁਰ ਕੇ ਸਿਫ਼ਤਿ-ਸਾਲਾਹ ਕਰਦੇ ਰਹਿਣਾ) ।੨।

ਜੇ ਕੋਈ ਜੀਵ ਇਸ ਧੁਰੋਂ ਲਿਖੇ ਹੁਕਮ ਦੇ ਉਲਟ ਬੜੇ ਇਤਰਾਜ਼ ਕਰੀ ਜਾਏ (ਹੁਕਮ ਅਨੁਸਾਰ ਤੁਰਨ ਦੀ ਜਾਚ ਨ ਸਿੱਖੇ, ਉਸ ਦਾ ਸੰਵਰਦਾ ਕੁਝ ਨਹੀਂ, ਸਗੋਂ) ਉਸ ਦਾ ਨਾਮ ਬੜਬੋਲਾ ਹੀ ਪੈ ਸਕਦਾ ਹੈ । (ਜੀਵਨ ਦੀ ਬਾਜ਼ੀ) ਸ਼ਤਰੰਜ (ਚੌਪੜ) ਦੀ ਬਾਜ਼ੀ (ਵਰਗੀ) ਹੈ, (ਰਜ਼ਾ ਦੇ ਉਲਟ ਤੁਰਿਆਂ ਤੇ ਗਿਲੇ ਕੀਤਿਆਂ ਇਹ ਬਾਜ਼ੀ) ਜਿੱਤੀ ਨਹੀਂ ਜਾ ਸਕੇਗੀ, ਨਰਦਾਂ ਕੱਚੀਆਂ ਹੀ ਰਹਿੰਦੀਆਂ ਹਨ (ਪੁੱਗਦੀਆਂ ਸਿਰਫ਼ ਉਹੀ ਹਨ ਜੋ) ਪੁੱਗਣ ਵਾਲੇ ਘਰ ਵਿਚ ਜਾ (ਪਹੁੰਚਦੀਆਂ ਹਨ) ।੩।

ਇਸ ਰਸਤੇ ਵਿਚ ਨਾਹ ਕੋਈ ਵਿਦਵਾਨ ਪੰਡਿਤ ਸਿਆਣਾ ਕਿਹਾ ਜਾ ਸਕਦਾ ਹੈ, ਨਾਹ ਕੋਈ (ਅਨਪੜ੍ਹ) ਮੂਰਖ ਭੈੜਾ ਮੰਨਿਆ ਜਾ ਸਕਦਾ ਹੈ (ਜੀਵਨ ਦੇ ਸਹੀ ਰਸਤੇ ਵਿਚ ਨਾਹ ਨਿਰੀ ਵਿੱਦਵਤਾ ਸਫਲਤਾ ਦਾ ਵਸੀਲਾ ਹੈ, ਨਾਹ ਅਨਪੜ੍ਹਤਾ ਵਾਸਤੇ ਅਸਫਲਤਾ ਜ਼ਰੂਰੀ ਹੈ) । ਉਹ ਜੀਵ ਬੰਦਾ ਅਖਵਾ ਸਕਦਾ ਹੈ ਜਿਸ ਨੂੰ ਪ੍ਰਭੂ ਆਪਣੀ ਰਜ਼ਾ ਵਿਚ ਰੱਖ ਕੇ ਉਸ ਪਾਸੋਂ ਆਪਣੀ ਸਿਫ਼ਤਿ-ਸਾਲਾਹ ਕਰਾਂਦਾ ਹੈ ।੪।੨।੩੬।

ਆਸਾ ਮਹਲਾ ੧ ॥ ਗੁਰ ਕਾ ਸਬਦੁ ਮਨੈ ਮਹਿ ਮੁੰਦ੍ਰਾ ਖਿੰਥਾ ਖਿਮਾ ਹਢਾਵਉ ॥ ਜੋ ਕਿਛੁ ਕਰੈ ਭਲਾ ਕਰਿ ਮਾਨਉ ਸਹਜ ਜੋਗ ਨਿਧਿ ਪਾਵਉ ॥੧॥ ਬਾਬਾ ਜੁਗਤਾ ਜੀਉ ਜੁਗਹ ਜੁਗ ਜੋਗੀ ਪਰਮ ਤੰਤ ਮਹਿ ਜੋਗੰ ॥ ਅੰਮ੍ਰਿਤੁ ਨਾਮੁ ਨਿਰੰਜਨ ਪਾਇਆ ਗਿਆਨ ਕਾਇਆ ਰਸ ਭੋਗੰ ॥੧॥ ਰਹਾਉ ॥ ਸਿਵ ਨਗਰੀ ਮਹਿ ਆਸਣਿ ਬੈਸਉ ਕਲਪ ਤਿਆਗੀ ਬਾਦੰ ॥ ਸਿੰਙੀ ਸਬਦੁ ਸਦਾ ਧੁਨਿ ਸੋਹੈ ਅਹਿਨਿਸਿ ਪੂਰੈ ਨਾਦੰ ॥੨॥ ਪਤੁ ਵੀਚਾਰੁ ਗਿਆਨ ਮਤਿ ਡੰਡਾ ਵਰਤਮਾਨ ਬਿਭੂਤੰ ॥ ਹਰਿ ਕੀਰਤਿ ਰਹਰਾਸਿ ਹਮਾਰੀ ਗੁਰਮੁਖਿ ਪੰਥੁ ਅਤੀਤੰ ॥੩॥ ਸਗਲੀ ਜੋਤਿ ਹਮਾਰੀ ਸੰਮਿਆ ਨਾਨਾ ਵਰਨ ਅਨੇਕੰ ॥ ਕਹੁ ਨਾਨਕ ਸੁਣਿ ਭਰਥਰਿ ਜੋਗੀ ਪਾਰਬ੍ਰਹਮ ਲਿਵ ਏਕੰ ॥੪॥੩॥੩੭॥ {ਪੰਨਾ 359-360}

ਪਦਅਰਥ:- ਮਨੈ ਮਹਿ—ਮਨ ਵਿਚ । ਮੁੰਦ੍ਰਾ—ਵਾਲੇ (ਕੱਚ ਆਦਿਕ ਦੇ) ਜੋ ਜੋਗੀ ਲੋਕ ਕੰਨਾਂ ਵਿਚ ਪਾਂਦੇ ਹਨ । ਖਿੰਥਾ—ਗੋਦੜੀ । ਹਢਾਵਉ—ਮੈਂ ਹੰਢਾਂਦਾ ਹਾਂ, ਮੈਂ ਪਹਿਨਦਾ ਹਾਂ । ਮਾਨਉ—ਮੈਂ ਮੰਨਦਾ ਹਾਂ । ਸਹਜ—ਮਨ ਦੀ ਅਡੋਲਤਾ, ਸ਼ਾਂਤੀ । ਜੋਗ ਨਿਧਿ—ਜੋਗ (ਦੀ ਕਮਾਈ) ਦਾ ਖ਼ਜ਼ਾਨਾ । ਪਾਵਉ—ਮੈਂ ਪ੍ਰਾਪਤ ਕਰਦਾ ਹਾਂ ।੧।

ਜੁਗਤਾ—ਜੁੜਿਆ ਹੋਇਆ । ਜੁਗਹ ਜੁਗ—ਹਰੇਕ ਜੁਗ ਤਕ, ਸਦਾ ਲਈ । ਪਰਮ ਤੰਤ—ਪਰਮਾਤਮਾ । ਜੋਗੰ—ਮਿਲਾਪ । ਅੰਮ੍ਰਿਤੁ—ਅਟੱਲ ਆਤਮਕ ਜੀਵਨ ਦੇਣ ਵਾਲਾ । ਨਿਰੰਜਨ—{ਨਿਰ-ਅੰਜਨ । ਅੰਜਨ—

ਕਾਲਖ, ਮਾਇਆ ਦੀ ਕਾਲਖ, ਮਾਇਆ ਦਾ ਪ੍ਰਭਾਵ} ਜਿਸ ਤੇ ਮਾਇਆ ਦਾ ਪ੍ਰਭਾਵ ਨਹੀਂ ਹੁੰਦਾ ਉਸ ਦਾ । ਨਿਰੰਜਨ ਨਾਮੁ—ਨਿਰੰਜਨ ਦਾ ਨਾਮ । ਗਿਆਨ ਰਸ—ਪਰਮਾਤਮਾ ਨਾਲ ਡੂੰਘੀ ਸਾਂਝ ਦੇ ਆਤਮਕ ਆਨੰਦ । ਕਾਇਆ—ਸਰੀਰ ਵਿਚ, ਹਿਰਦੇ ਵਿਚ । ਭੋਗੰ—ਮਾਣਦਾ ਹੈ ।੧।ਰਹਾਉ।

ਸਿਵ—ਪਰਮਾਤਮਾ, ਕਲਿਆਣ-ਸਰੂਪ । ਆਸਣਿ—ਆਸਣ ਉਤੇ । ਬੈਸਉ—ਮੈਂ ਬੈਠਦਾ ਹਾਂ । ਕਲਪ—ਕਲਪਣਾ । ਬਾਦੰ—ਝਗੜੇ, ਧੰਧੇ । ਧੁਨਿ—ਆਵਾਜ਼, ਸੁਰੀਲੀ ਸੁਰ । ਅਹਿ—ਦਿਨ । ਨਿਸਿ—ਰਾਤ । ਪੂਰੈ—ਪੂਰਦਾ ਹੈ, ਵਜਾਂਦਾ ਹੈ ।੨।

ਪਤੁ—ਪਾਤ੍ਰ, ਪੱਖਰ, ਚਿੱਪੀ । ਵਰਤਮਾਨ—ਹਰ ਥਾਂ ਮੌਜੂਦ । ਬਿਭੂਤ—ਸੁਆਹ । ਰਹਰਾਸਿ—ਮਰਯਾਦਾ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣਾ । ਅਤੀਤ ਪੰਥੁ—ਵਿਰਕਤ ਪੰਥ ।੩।

ਸੰਮਿਆ—ਬੈਰਾਗਣ, ਲੱਕੜ ਆਦਿਕ ਦੀ ਟਿਕਟਿਕੀ ਜਿਸ ਤੇ ਬਾਹਾਂ ਟਿਕਾ ਕੇ ਜੋਗੀ ਸਮਾਧੀ ਵਿਚ ਬੈਠਦਾ ਹੈ । ਨਾਨਾ—ਕਈ ਕਿਸਮਾਂ ਦੇ । ਭਰਥਰਿ ਜੋਗੀ—ਹੇ ਭਰਥਰ ਜੋਗੀ! ।੪।

ਨੋਟ:- ਗੋਰਖ ਭਰਥਰੀ ਆਦਿਕ ਪ੍ਰਸਿੱਧ ਜੋਗੀ ਗੁਰੂ ਨਾਨਕ ਦੇਵ ਜੀ ਤੋਂ ਪਹਿਲਾਂ ਹੋ ਚੁਕੇ ਸਨ । ਸ਼ਰਧਾਲੂ ਲੋਕ ਆਪਣੇ ਇਸ਼ਟ ਗੁਰੂ ਰਾਹਬਰ ਦੇ ਨਾਮ ਤੇ ਆਪਣੇ ਘਰਾਂ ਵਿਚ ਨਾਮ ਰੱਖਦੇ ਰਹਿੰਦੇ ਹਨ । ਮੁਸਲਮਾਨ ਮੁਹੰਮਦ ਅਲੀ ਆਦਿਕ ਨਾਮ ਵਰਤਦੇ ਆ ਰਹੇ ਹਨ; ਹਿੰਦੂ ਰਾਮ ਕ੍ਰਿਸ਼ਨ ਆਦਿਕ ਵਰਤ ਰਹੇ ਹਨ; ਸਿੱਖ ਭੀ ਨਾਨਕ ਅਮਰ ਰਾਮ ਆਦਿਕ ਵਰਤਦੇ ਹਨ । ਇਸੇ ਤਰ੍ਹਾਂ ਜੋਗੀ ਵੀ ਆਪਣੇ ਪ੍ਰਸਿੱਧ ਜੋਗੀਆਂ ਦੇ ਨਾਮ ਵਰਤਦੇ ਰਹੇ ਹਨ । ਭਰਥਰੀ ਨਾਮ ਵਾਲਾ ਜੋਗੀ ਭੀ ਕੋਈ ਇਸੇ ਸ਼੍ਰੇਣੀ ਵਿਚੋਂ ਹੀ ਸੀ ।

ਨੋਟ:- ਜੋਗੀ ਲੋਕ ਆਪਣੇ ਭੇਖ ਦੇ ਚਿੰਨ੍ਹ ਧਾਰਦੇ ਹਨ । ਮੁੰਦ੍ਰਾ, ਖਿੰਥਾ, ਬਿਭੂਤ, ਸਿੰਗੀ, ਡੰਡਾ, ਬੈਰਾਗਣ (ਸੰਮਿਆ) ਜੋਗ-ਭੇਖ ਦੀਆਂ ਪ੍ਰਸਿੱਧ ਚੀਜ਼ਾਂ ਹਨ । ਲਫ਼ਜ਼ ਜੋਗ ਦਾ ਅਰਥ ਹੈ 'ਮਿਲਾਪ', 'ਜੋਗੀ' ਦਾ ਅਰਥ ਹੈ ਉਹ ਜੀਵ ਜੋ ਪਰਮਾਤਮਾ ਨਾਲ ਮਿਲਿਆ ਹੋਇਆ ਹੈ । ਗੁਰੂ ਨਾਨਕ ਦੇਵ ਜੀ ਜੋਗ-ਭੇਖ ਦੇ ਚਿੰਨ੍ਹਾਂ ਦਾ ਟਾਕਰਾ ਪ੍ਰਭੂ-ਚਰਨਾਂ ਵਿਚ ਜੁੜੇ ਹੋਏ ਮਨੁੱਖ ਦੇ ਆਤਮਕ ਜੀਵਨ ਦੇ ਵਖ ਵਖ ਪਹਿਲੂਆਂ ਨਾਲ ਕਰਦੇ ਹਨ ।

ਅਰਥ:- ਹੇ ਭਾਈ! ਜਿਸ ਮਨੁੱਖ ਦਾ ਪਰਮੇਸਰ ਦੇ ਚਰਨਾਂ ਵਿਚ ਜੋੜ ਹੋ ਗਿਆ ਹੈ ਉਹੀ ਜੁੜਿਆ ਹੋਇਆ ਹੈ ਉਹੀ ਅਸਲ ਜੋਗੀ ਹੈ ਜਿਸ ਦੀ ਸਮਾਧੀ ਸਦਾ ਲਗੀ ਰਹਿੰਦੀ ਹੈ । ਜਿਸ ਮਨੁੱਖ ਨੇ ਮਾਇਆ-ਰਹਿਤ ਪਰਮਾਤਮਾ ਦਾ ਅਟੱਲ ਆਤਮਕ ਜੀਵਨ ਦੇਣ ਵਾਲਾ ਨਾਮ ਪ੍ਰਾਪਤ ਕਰ ਲਿਆ ਹੈ ਉਹ ਪਰਮਾਤਮਾ ਨਾਲ ਡੂੰਘੀ ਜਾਣ-ਪਛਾਣ ਦੇ ਆਤਮਕ ਆਨੰਦ ਆਪਣੇ ਹਿਰਦੇ ਵਿਚ (ਸਦਾ) ਮਾਣਦਾ ਹੈ ।੧।ਰਹਾਉ।

(ਹੇ ਜੋਗੀ!) ਗੁਰੂ ਦਾ ਸ਼ਬਦ ਮੈਂ ਆਪਣੇ ਮਨ ਵਿਚ ਟਿਕਾਇਆ ਹੋਇਆ ਹੈ ਇਹ ਹਨ ਮੁੰਦ੍ਰਾਂ (ਜੋ ਮੈਂ ਕੰਨਾਂ ਵਿਚ ਨਹੀਂ, ਮਨ ਵਿਚ ਪਾਈਆਂ ਹੋਈਆਂ ਹਨ) । ਮੈਂ ਖਿਮਾ ਦਾ ਸੁਭਾਉ (ਪਕਾ ਰਿਹਾ ਹਾਂ, ਇਹ ਮੈਂ) ਗੋਦੜੀ ਪਹਿਨਦਾ ਹਾਂ । ਜੋ ਕੁਝ ਪਰਮਾਤਮਾ ਕਰਦਾ ਹੈ ਉਸ ਨੂੰ ਮੈਂ ਜੀਵਾਂ ਦੀ ਭਲਾਈ ਵਾਸਤੇ ਹੀ ਮੰਨਦਾ ਹਾਂ, ਇਸ ਤਰ੍ਹਾਂ ਮੇਰਾ ਮਨ ਡੋਲਣੋਂ ਬਚਿਆ ਰਹਿੰਦਾ ਹੈ—ਇਹ ਹੈ ਜੋਗ-ਸਾਧਨਾਂ ਦਾ ਖ਼ਜ਼ਾਨਾ, ਜੋ ਮੈਂ ਇਕੱਠਾ ਕਰ ਰਿਹਾ ਹਾਂ ।੧।

(ਹੇ ਜੋਗੀ!) ਮੈਂ ਭੀ ਆਸਣ ਤੇ ਬੈਠਦਾ ਹਾਂ, ਮੈਂ ਮਨ ਦੀਆਂ ਕਲਪਨਾਂ ਅਤੇ ਦੁਨੀਆ ਵਾਲੇ ਝਗੜੇ-ਝਾਂਝੇ ਛੱਡ ਕੇ ਕਲਿਆਨ-ਸਰੂਪ ਪ੍ਰਭੂ ਦੇ ਦੇਸ ਵਿਚ (ਪ੍ਰਭੂ ਦੇ ਚਰਨਾਂ ਵਿਚ) ਟਿਕ ਕੇ ਬੈਠਦਾ ਹਾਂ (ਇਹ ਹੈ ਮੇਰਾ ਆਸਣ ਉਤੇ ਬੈਠਣਾ) । ਹੇ ਜੋਗੀ! ਤੂੰ ਸਿੰਙੀ ਵਜਾਂਦਾ ਹੈਂ) ਮੇਰੇ ਅੰਦਰ ਗੁਰੂ ਦਾ ਸ਼ਬਦ (ਗੱਜ ਰਿਹਾ) ਹੈ; ਇਹ ਹੈ ਸਿੰਙੀ ਦੀ ਮਿੱਠੀ ਸੁਹਾਵਣੀ ਸੁਰ, ਜੇ ਮੇਰੇ ਅੰਦਰ ਹੋ ਰਹੀ ਹੈ । ਦਿਨ ਰਾਤ ਮੇਰਾ ਮਨ ਗੁਰ-ਸ਼ਬਦ ਦਾ ਨਾਦ

ਵਜਾ ਰਿਹਾ ਹੈ ।੨।

(ਹੇ ਜੋਗੀ! ਤੂੰ ਹੱਥ ਵਿਚ ਖੱਪਰ ਲੈ ਕੇ ਘਰ ਘਰ ਤੋਂ ਭਿੱਛਿਆ ਮੰਗਦਾ ਹੈਂ ਮੈਂ ਪ੍ਰਭੂ ਦੇ ਦਰ ਤੋਂ ਉਸ ਦੇ ਗੁਣਾਂ ਦੀ) ਵਿਚਾਰ (ਮੰਗਦਾ ਹਾਂ, ਇਹ) ਹੈ ਮੇਰਾ ਖੱਪਰ । ਪਰਮਾਤਮਾ ਨਾਲ ਡੂੰਘੀ ਸਾਂਝ ਪਾ ਰੱਖਣ ਵਾਲੀ ਮਤਿ (ਮੇਰੇ ਹੱਥ ਵਿਚ) ਡੰਡਾ ਹੈ (ਜੋ ਕਿਸੇ ਵਿਕਾਰ ਨੂੰ ਨੇੜੇ ਨਹੀਂ ਢੁਕਣ ਦੇਂਦਾ) । ਪ੍ਰਭੂ ਨੂੰ ਹਰ ਥਾਂ ਮੌਜੂਦ ਵੇਖਣਾ ਮੇਰੇ ਵਾਸਤੇ ਪਿੰਡੇ ਤੇ ਮਲਣ ਵਾਲੀ ਸੁਆਹ ਹੈ । ਅਕਾਲ ਪੁਰਖ ਦੀ ਸਿਫ਼ਤਿ-ਸਾਲਾਹ (ਮੇਰੇ ਵਾਸਤੇ) ਜੋਗ ਦੀ (ਪ੍ਰਭੂ ਨਾਲ ਮਿਲਾਪ ਦੀ) ਮਰਯਾਦਾ ਹੈ । ਗੁਰੂ ਦੇ ਸਨਮੁਖ ਟਿਕੇ ਰਹਿਣਾ ਹੀ ਸਾਡਾ ਧਰਮ-ਰਸਤਾ ਹੈ ਜੋ ਸਾਨੂੰ ਮਾਇਆ ਤੋਂ ਵਿਰਕਤ ਰੱਖਦਾ ਹੈ ।੩।

ਹੇ ਨਾਨਕ! (ਆਖ—) ਹੇ ਭਰਥਰੀ ਜੋਗੀ! ਸੁਣ, ਸਭ ਜੀਵਾਂ ਵਿਚ ਅਨੇਕਾਂ ਰੰਗਾਂ-ਰੂਪਾਂ ਵਿਚ ਪ੍ਰਭੂ ਦੀ ਜੋਤਿ ਨੂੰ ਵੇਖਣਾ—ਇਹ ਹੈ ਸਾਡੀ ਬੈਰਾਗਣ ਜੋ ਸਾਨੂੰ ਪ੍ਰਭੂ-ਚਰਨਾਂ ਵਿਚ ਜੁੜਨ ਲਈ ਸਹਾਰਾ ਦੇਂਦੀ ਹੈ ।੪।੩।੩੭।

ਆਸਾ ਮਹਲਾ ੧ ॥ ਗੁੜੁ ਕਰਿ ਗਿਆਨੁ ਧਿਆਨੁ ਕਰਿ ਧਾਵੈ ਕਰਿ ਕਰਣੀ ਕਸੁ ਪਾਈਐ ॥ ਭਾਠੀ ਭਵਨੁ ਪ੍ਰੇਮ ਕਾ ਪੋਚਾ ਇਤੁ ਰਸਿ ਅਮਿਉ ਚੁਆਈਐ ॥੧॥ ਬਾਬਾ ਮਨੁ ਮਤਵਾਰੋ ਨਾਮ ਰਸੁ ਪੀਵੈ ਸਹਜ ਰੰਗ ਰਚਿ ਰਹਿਆ ॥ ਅਹਿਨਿਸਿ ਬਨੀ ਪ੍ਰੇਮ ਲਿਵ ਲਾਗੀ ਸਬਦੁ ਅਨਾਹਦ ਗਹਿਆ ॥੧॥ ਰਹਾਉ ॥ ਪੂਰਾ ਸਾਚੁ ਪਿਆਲਾ ਸਹਜੇ ਤਿਸਹਿ ਪੀਆਏ ਜਾ ਕਉ ਨਦਰਿ ਕਰੇ ॥ ਅੰਮ੍ਰਿਤ ਕਾ ਵਾਪਾਰੀ ਹੋਵੈ ਕਿਆ ਮਦਿ ਛੂਛੈ ਭਾਉ ਧਰੇ ॥੨॥ ਗੁਰ ਕੀ ਸਾਖੀ ਅੰਮ੍ਰਿਤ ਬਾਣੀ ਪੀਵਤ ਹੀ ਪਰਵਾਣੁ ਭਇਆ ॥ ਦਰ ਦਰਸਨ ਕਾ ਪ੍ਰੀਤਮੁ ਹੋਵੈ ਮੁਕਤਿ ਬੈਕੁੰਠੈ ਕਰੈ ਕਿਆ ॥੩॥ ਸਿਫਤੀ ਰਤਾ ਸਦ ਬੈਰਾਗੀ ਜੂਐ ਜਨਮੁ ਨ ਹਾਰੈ ॥ ਕਹੁ ਨਾਨਕ ਸੁਣਿ ਭਰਥਰਿ ਜੋਗੀ ਖੀਵਾ ਅੰਮ੍ਰਿਤ ਧਾਰੈ ॥੪॥੪॥੩੮॥ {ਪੰਨਾ 360}

ਪਦਅਰਥ:- ਗਿਆਨੁ—ਅਕਾਲ ਪੁਰਖ ਨਾਲ ਡੂੰਘੀ ਸਾਂਝ । ਧਿਆਨੁ—ਪ੍ਰਭੂ ਦੀ ਯਾਦ ਵਿਚ ਸੁਰਤਿ ਜੁੜੀ ਰਹਿਣੀ । ਧਾਵੈ—ਮਹੂਏ ਦੇ ਫੁੱਲ । ਕਰਣੀ—ਉੱਚਾ ਆਚਰਨ । ਕਸੁ—ਕਿੱਕਰ ਦੇ ਸੱਕ । ਭਵਨੁ—ਸਰੀਰ, ਦੇਹ-ਅੱਧਿਆਸ । ਭਾਠੀ—ਸ਼ਰਾਬ ਕੱਢਣ ਵਾਸਤੇ ਭੱਠੀ, (ਲਾਹਣ ਵਾਲਾ ਭਾਂਡਾ, ਭਾਂਡੇ ਦੇ ਉਪਰ ਨਾਲ, ਭਾਂਡੇ ਦੇ ਹੇਠ ਅੱਗ—ਇਸ ਸਾਰੇ ਦਾ ਸਮੂਹ) । ਪੋਚਾ—ਠੰਡੇ ਪਾਣੀ ਦਾ ਪੋਚਾ ਉਸ ਨਾਲੀ ਉਤੇ ਜਿਸ ਵਿਚੋਂ ਅਰਕ ਦੀ ਭਾਫ਼ ਨਿਕਲਦੀ ਹੈ, ਤਾਕਿ ਭਾਫ਼ ਠੰਡੀ ਹੋ ਕੇ ਅਰਕ ਬਣਦੀ ਜਾਏ । ਇਤੁ—ਇਸ ਦੀ ਰਾਹੀਂ । ਇਤੁ ਰਸਿ—ਇਸ (ਤਿਆਰ ਹੋਏ) ਰਸ ਦੀ ਰਾਹੀਂ । ਅਮਿਉ—ਅੰਮ੍ਰਿਤ ।੧।

ਬਾਬਾ—ਜੇ ਜੋਗੀ! ਮਤਵਾਰੋ—ਮਸਤ । ਸਹਜ—ਅਡੋਲਤਾ । ਅਹਿ—ਦਿਨ । ਨਿਸਿ—ਰਾਤ । ਅਨਾਹਦ—ਇਕ-ਰਸ, ਲਗਾਤਾਰ । ਗਹਿਆ—ਪਕੜਿਆ, ਗ੍ਰਹਣ ਕੀਤਾ ।੧।ਰਹਾਉ।

ਪੂਰਾ—ਸਭ ਗੁਣਾਂ ਦਾ ਮਾਲਕ ਪ੍ਰਭੂ । ਸਾਚੁ—ਸਦਾ ਟਿਕੇ ਰਹਿਣ ਵਾਲਾ । ਸਹਜੇ—ਅਡੋਲ ਅਵਸਥਾ ਵਿਚ (ਰੱਖ ਕੇ) । ਮਦਿ—ਸ਼ਰਾਬ ਵਿਚ । ਛੂਛੈ—ਫੋਕੇ ਵਿਚ । ਭਾਉ—ਪਿਆਰ ।੨।

ਸਾਖੀ—ਸਿੱਖਿਆ, ਉਪਦੇਸ਼ । ਅੰਮ੍ਰਿਤ—ਅਟੱਲ ਆਤਮਕ ਜੀਵਨ ਦੇਣ ਵਾਲੀ । ਪਰਵਾਣੁ—ਕਬੂਲ ।੨।

ਰਤਾ—ਰੰਗਿਆ ਹੋਇਆ । ਜੂਐ—ਜੂਏ ਵਿਚ । ਖੀਵਾ—ਮਸਤ । ਧਾਰ—ਲਿਵ, ਬ੍ਰਿਤੀ ।੪।

ਨੋਟ:- ਜੋਗੀ ਸਮਾਧੀ ਵੇਲੇ ਸੁਰਤਿ ਦੀ ਇਕਾਗ੍ਰਤਾ ਵਾਸਤੇ ਸ਼ਰਾਬ ਪੀਂਦੇ ਸਨ । ਸਤਿਗੁਰੂ ਜੀ ਉਸ ਸ਼ਰਾਬ ਦੀ

ਨਿਖੇਧੀ ਕਰਦੇ ਹਨ ।

ਅਰਥ:- ਜੇ ਜੋਗੀ! (ਤੁਸੀਂ ਸੁਰਤਿ ਨੂੰ ਟਿਕਾਣ ਲਈ ਸ਼ਰਾਬ ਪੀਂਦੇ ਹੋ, ਇਹ ਨਸ਼ਾ ਉਤਰ ਜਾਂਦਾ ਹੈ; ਤੇ ਸੁਰਤਿ ਮੁੜ ਉੱਖੜ ਜਾਂਦੀ ਹੈ) ਅਸਲ ਮਸਤਾਨਾ ਉਹ ਮਨ ਹੈ ਜੋ ਪਰਮਾਤਮਾ ਦੇ ਸਿਮਰਨ ਦਾ ਰਸ ਪੀਂਦਾ ਹੈ (ਸਿਮਰਨ ਦਾ ਆਨੰਦ ਮਾਣਦਾ ਹੈ) ਜੋ (ਸਿਮਰਨ ਦੀ ਬਰਕਤਿ ਨਾਲ) ਅਡੋਲਤਾ ਦੇ ਹੁਲਾਰਿਆਂ ਵਿਚ ਟਿਕਿਆ ਰਹਿੰਦਾ ਹੈ, ਜਿਸ ਨੂੰ ਪ੍ਰਭੂ-ਚਰਨਾਂ ਦੇ ਪ੍ਰੇਮ ਦੀ ਇਤਨੀ ਲਿਵ ਲਗਦੀ ਹੈ ਕਿ ਦਿਨ ਰਾਤ ਬਣੀ ਰਹਿੰਦੀ ਹੈ, ਜੋ ਆਪਣੇ ਗੁਰੂ ਦੇ ਸ਼ਬਦ ਨੂੰ ਸਦਾ ਇਕ-ਰਸ ਆਪਣੇ ਅੰਦਰ ਟਿਕਾਈ ਰੱਖਦਾ ਹੈ ।੧।ਰਹਾਉ।

(ਹੇ ਜੋਗੀ!) ਪਰਮਾਤਮਾ ਨਾਲ ਡੂੰਘੀ ਸਾਂਝ ਨੂੰ ਗੁੜ ਬਣਾ, ਪ੍ਰਭੂ-ਚਰਨਾਂ ਵਿਚ ਜੁੜੀ ਸੁਰਤਿ ਨੂੰ ਮਹੂਏ ਦੇ ਫੁੱਲ ਬਣਾ, ਉੱਚੇ ਆਚਰਨ ਨੂੰ ਕਿੱਕਰਾਂ ਦੇ ਸੱਕ ਬਣਾ ਕੇ (ਇਹਨਾਂ ਵਿਚ) ਰਲਾ ਦੇ । ਸਰੀਰਕ ਮੋਹ ਨੂੰ ਸਾੜ—ਇਹ ਸ਼ਰਾਬ ਕੱਢਣ ਦੀ ਭੱਠੀ ਤਿਆਰ ਕਰ, ਪ੍ਰਭੂ-ਚਰਨਾਂ ਵਿਚ ਪਿਆਰ ਜੋੜ—ਇਹ ਹੈ ਉਹ ਠੰਡਾ ਪੋਚਾ ਜੋ ਅਰਕ ਵਾਲੀ ਨਾਲੀ ਉਤੇ ਫੇਰਨਾ ਹੈ । ਇਸ ਸਾਰੇ ਮਿਲਵੇਂ ਰਸ ਵਿਚੋਂ (ਅਟੱਲ ਆਤਮਕ ਜੀਵਨ ਦਾਤਾ) ਅੰਮ੍ਰਿਤ ਨਿਕਲੇਗਾ ।੧।

(ਹੇ ਜੋਗੀ!) ਇਹ ਹੈ ਉਹ ਪਿਆਲਾ ਜਿਸ ਦੀ ਮਸਤੀ ਸਦਾ ਟਿਕੀ ਰਹਿੰਦੀ ਹੈ, ਸਭ ਗੁਣਾਂ ਦਾ ਮਾਲਕ ਪ੍ਰਭੂ ਅਡੋਲਤਾ ਵਿਚ ਰੱਖ ਕੇ ਉਸ ਮਨੁੱਖ ਨੂੰ (ਇਹ ਪਿਆਲਾ) ਪਿਲਾਂਦਾ ਹੈ ਜਿਸ ਉਤੇ ਆਪ ਮੇਹਰ ਦੀ ਨਜ਼ਰ ਕਰਦਾ ਹੈ । ਜੇਹੜਾ ਮਨੁੱਖ ਅਟੱਲ ਆਤਮਕ ਜੀਵਨ ਦੇਣ ਵਾਲੇ ਇਸ ਰਸ ਦਾ ਵਪਾਰੀ ਬਣ ਜਾਏ ਉਹ (ਤੁਹਾਡੇ ਵਾਲੇ ਇਸ) ਹੋਛੇ ਸ਼ਰਾਬ ਨਾਲ ਪਿਆਰ ਨਹੀਂ ਕਰਦਾ ।੨।

ਜਿਸ ਮਨੁੱਖ ਨੇ ਅਟੱਲ ਆਤਮਕ ਜੀਵਨ ਦੇਣ ਵਾਲੀ ਗੁਰੂ ਦੀ ਸਿੱਖਿਆ-ਭਰੀ ਬਾਣੀ ਦਾ ਰਸ ਪੀਤਾ ਹੈ, ਉਹ ਪੀਂਦਿਆਂ ਹੀ ਪ੍ਰਭੂ ਦੀਆਂ ਨਜ਼ਰਾਂ ਵਿਚ ਕਬੂਲ ਹੋ ਜਾਂਦਾ ਹੈ, ਉਹ ਪਰਮਾਤਮਾ ਦੇ ਦਰ ਦੇ ਦੀਦਾਰ ਦਾ ਪ੍ਰੇਮੀ ਬਣ ਜਾਂਦਾ ਹੈ, ਉਸ ਨੂੰ ਨਾਹ ਮੁਕਤੀ ਦੀ ਲੋੜ ਰਹਿੰਦੀ ਹੈ ਨਾਹ ਬੈਕੁੰਠ ਦੀ ।੩।

ਹੇ ਨਾਨਕ! (ਆਖ—) ਹੇ ਭਰਥਰੀ ਜੋਗੀ! ਜੋ ਮਨੁੱਖ ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ ਰੰਗਿਆ ਗਿਆ ਹੈ ਉਹ ਸਦਾ (ਮਾਇਆ ਦੇ ਮੋਹ ਤੋਂ) ਵਿਰਕਤ ਰਹਿੰਦਾ ਹੈ, ਉਹ ਆਤਮਕ ਮਨੁੱਖਾ ਜੀਵਨ ਜੂਏ ਵਿਚ (ਭਾਵ, ਅਜਾਈਂ) ਨਹੀਂ ਗਵਾਂਦਾ, ਉਹ ਤਾਂ ਅਟੱਲ ਆਤਮਕ ਜੀਵਨ ਦਾਤੇ ਆਨੰਦ ਵਿਚ ਮਸਤ ਰਹਿੰਦਾ ਹੈ ।੪।੪।੩੮।

ਆਸਾ ਮਹਲਾ ੧ ॥ ਖੁਰਾਸਾਨ ਖਸਮਾਨਾ ਕੀਆ ਹਿੰਦੁਸਤਾਨੁ ਡਰਾਇਆ ॥ ਆਪੈ ਦੋਸੁ ਨ ਦੇਈ ਕਰਤਾ ਜਮੁ ਕਰਿ ਮੁਗਲੁ ਚੜਾਇਆ ॥ ਏਤੀ ਮਾਰ ਪਈ ਕਰਲਾਣੇ ਤੈਂ ਕੀ ਦਰਦੁ ਨ ਆਇਆ ॥੧॥ ਕਰਤਾ ਤੂੰ ਸਭਨਾ ਕਾ ਸੋਈ ॥ ਜੇ ਸਕਤਾ ਸਕਤੇ ਕਉ ਮਾਰੇ ਤਾ ਮਨਿ ਰੋਸੁ ਨ ਹੋਈ ॥੧॥ ਰਹਾਉ ॥ ਸਕਤਾ ਸੀਹੁ ਮਾਰੇ ਪੈ ਵਗੈ ਖਸਮੈ ਸਾ ਪੁਰਸਾਈ ॥ ਰਤਨ ਵਿਗਾੜਿ ਵਿਗੋਏ ਕੁਤੀਂ ਮੁਇਆ ਸਾਰ ਨ ਕਾਈ ॥ ਆਪੇ ਜੋੜਿ ਵਿਛੋੜੇ ਆਪੇ ਵੇਖੁ ਤੇਰੀ ਵਡਿਆਈ ॥੨॥ ਜੇ ਕੋ ਨਾਉ ਧਰਾਏ ਵਡਾ ਸਾਦ ਕਰੇ ਮਨਿ ਭਾਣੇ ॥ ਖਸਮੈ ਨਦਰੀ ਕੀੜਾ ਆਵੈ ਜੇਤੇ ਚੁਗੈ ਦਾਣੇ ॥ ਮਰਿ ਮਰਿ ਜੀਵੈ ਤਾ ਕਿਛੁ ਪਾਏ ਨਾਨਕ ਨਾਮੁ ਵਖਾਣੇ ॥੩॥੫॥੩੯॥ {ਪੰਨਾ 360}

ਪਦਅਰਥ:- ਖੁਰਾਸਾਨ—ਈਰਾਨ ਦੇ ਪੂਰਬ ਅਤੇ ਅਫ਼ਗ਼ਾਨਿਸਤਾਨ ਦੇ ਪੱਛਮ ਵਲ ਦਾ ਦੇਸ ਜਿਸ ਵਿਚ ਹਰਾਤ ਤੇ ਮਸ਼ਹਦ ਪ੍ਰਸਿੱਧ ਨਗਰ ਹਨ । ਹਿੰਦੁਸਤਾਨ ਦੇ ਲੋਕ ਸਿੰਧ ਦਰੀਆ ਦੇ ਪੱਛਮ ਵਲ ਦੇ ਦੇਸ਼ਾਂ ਨੂੰ ਖੁਰਾਸਾਨ ਹੀ ਆਖ ਦੇਂਦੇ ਹਨ । ਖਸਮ—ਮਾਲਕ । ਖਸਮਾਨਾ—ਸਪੁਰਦਗੀ । ਆਪੈ—ਆਪਣੇ ਆਪ ਨੂੰ । ਕਰਤਾ—

ਕਰਤਾਰ । ਮੁਗਲੁ—ਬਾਬਰ । ਏਤੀ—ਇਤਨੀ । ਕਰਲਾਣੈ—ਪੁਕਾਰ ਉਠੇ । ਦਰਦੁ—ਦੁੱਖ, ਤਰਸ ।੧।

ਕਰਤਾ—ਹੇ ਕਰਤਾਰ! ਸੋਈ—ਸਾਰ ਲੈਣ ਵਾਲਾ, ਰਾਖੀ ਕਰਨ ਵਾਲਾ । ਸਕਤਾ—ਤਕੜਾ । ਮਨਿ—ਮਨ ਵਿਚ । ਰੋਸੁ—ਰੋਸਾ, ਗਿਲਾ, ਗ਼ੁੱਸਾ ।੧।ਰਹਾਉ।

ਸੀਹੁ—ਸ਼ੇਰ । ਪੈ—ਹੱਲਾ ਕਰ ਕੇ । ਵਗੈ—ਗਾਈਆਂ ਦੇ ਵੱਗ ਨੂੰ, ਨਿਹੱਥਿਆਂ ਨੂੰ, ਗਰੀਬਾਂ ਨੂੰ । ਪੁਰਸਾਈ—ਪੁਰਸਿਸ਼, ਪੁੱਛ । ਰਤਨ—ਰਤਨਾਂ ਵਰਗੇ ਇਸਤ੍ਰੀਆਂ ਮਰਦ । ਵਿਗਾੜਿ—ਵਿਗਾੜ ਕੇ । ਵਿਗੋਏ—ਖ਼ੁਆਰ ਕੀਤੇ, ਨਾਸ ਕਰ ਦਿੱਤੇ । ਕੁਤੰੀ—ਕੁੱਤਿਆਂ ਨੇ, ਮੁਗ਼ਲਾਂ ਨੇ । ਸਾਰ—ਖ਼ਬਰ । ਜੋੜਿ—ਜੋੜ ਕੇ । ਵੇਖੁ—ਹੇ ਪ੍ਰਭੂ! ਵੇਖ ।੨।

ਸਾਦ—ਰੰਗ ਰਲੀਆਂ । ਮਨਿ—ਮਨ ਵਿਚ । ਭਾਣੇ—ਭਾਉਂਦੇ । ਮਨਿ ਭਾਣੇ—ਜੋ ਭੀ ਮਨ ਵਿਚ ਚੰਗੇ ਲੱਗਣ । ਖਸਮੈ ਨਦਰੀ—ਖਸਮ-ਪ੍ਰਭੂ ਦੀਆਂ ਨਿਗਾਹਾਂ ਵਿਚ । ਜੇਤੇ—ਜਿਤਨੇ ਭੀ । ਮਰਿ ਮਰਿ—ਮਰ ਕੇ ਮਰ ਕੇ, ਆਪਣੇ ਆਪ ਨੂੰ ਵਿਕਾਰਾਂ ਵਲੋਂ ਹਟਾ ਕੇ ।੩।

ਨੋਟ:- ਜਦੋਂ ਮੱਕੇ ਵਲ ਦੀ ਤੀਜੀ 'ਉਦਾਸੀ' ਤੋਂ ਗੁਰੂ ਨਾਨਕ ਦੇਵ ਜੀ ਬਗ਼ਦਾਦ ਕਾਬਲ ਦੇ ਰਸਤੇ ਸੰਨ ੧੫੨੧ ਵਿਚ ਹਿੰਦੁਸਤਾਨ ਨੂੰ ਵਾਪਸ ਆ ਰਹੇ ਸਨ, ਉਹਨੀਂ ਹੀ ਦਿਨੀਂ ਬਾਬਰ ਨੇ ਭੇਰਾ ਸਿਆਲਕੋਟ ਮਾਰ ਕੇ ਸੈਦਪੁਰ (ਐਮਨਾਬਾਦ) ਤੇ ਹਮਲਾ ਕੀਤਾ ਸੀ । ਸਤਿਗੁਰੂ ਜੀ ਭੀ ਐਮਨਾਬਾਦ ਪਹੁੰਚ ਚੁਕੇ ਸਨ । ਬਾਬਰ ਦੇ ਮੁਗ਼ਲ ਫ਼ੌਜੀਆਂ ਹੱਥੋਂ ਜੋ ਦੁਰਗਤਿ ਸੈਦਪੁਰ-ਨਿਵਾਸੀਆਂ ਦੀ ਅੱਖੀਂ ਵੇਖੀ, ਉਸ ਦਾ ਜ਼ਿਕਰ ਸਤਿਗੁਰੂ ਜੀ ਇਸ ਸ਼ਬਦ ਵਿਚ ਕਰ ਰਹੇ ਹਨ ।

ਅਰਥ:- ਖੁਰਾਸਾਨ ਦੀ ਸਪੁਰਦਗੀ (ਕਿਸੇ ਹੋਰ ਨੂੰ) ਕਰ ਕੇ (ਬਾਬਰ ਮੁਗ਼ਲ ਨੇ ਹਮਲਾ ਕਰ ਕੇ) ਹਿੰਦੁਸਤਾਨ ਨੂੰ ਆ ਸਹਮ ਪਾਇਆ । (ਜੇਹੜੇ ਲੋਕ ਆਪਣੇ ਫ਼ਰਜ਼ ਭੁਲਾ ਕੇ ਰੰਗ ਰਲੀਆਂ ਵਿਚ ਪੈ ਜਾਂਦੇ ਹਨ ਉਹਨਾਂ ਨੂੰ ਸਜ਼ਾ ਭੁਗਤਣੀ ਹੀ ਪੈਂਦੀ ਹੈ, ਇਸ ਬਾਰੇ) ਕਰਤਾਰ ਆਪਣੇ ਉਤੇ ਇਤਰਾਜ਼ ਨਹੀਂ ਆਉਣ ਦੇਂਦਾ । (ਸੋ, ਫ਼ਰਜ਼ ਭੁਲਾ ਕੇ ਵਿਕਾਰਾਂ ਵਿਚ ਮਸਤ ਪਏ ਪਠਾਣ ਹਾਕਮਾਂ ਨੂੰ ਦੰਡ ਦੇਣ ਲਈ ਕਰਤਾਰ ਨੇ) ਮੁਗ਼ਲ-ਬਾਬਰ ਨੂੰ ਜਮਰਾਜ ਬਣਾ ਕੇ (ਹਿੰਦੁਸਤਾਨ ਤੇ) ਚਾੜ੍ਹ ਦਿੱਤਾ । (ਪਰ, ਹੇ ਕਰਤਾਰ! ਬਦ-ਮਸਤ ਪਠਾਣ ਹਾਕਮਾਂ ਦੇ ਨਾਲ ਗਰੀਬ ਨਿਹੱਥੇ ਲੋਕ ਭੀ ਪੀਸੇ ਗਏ) ਇਤਨੀ ਮਾਰ ਪਈ ਕਿ ਉਹ (ਹਾਇ ਹਾਇ) ਪੁਕਾਰ ਉਠੇ । ਕੀ (ਇਹ ਸਭ ਕੁਝ ਵੇਖ ਕੇ) ਤੈਨੂੰ ਉਹਨਾਂ ਉਤੇ ਤਰਸ ਨਹੀਂ ਆਇਆ? ।੧।

ਹੇ ਕਰਤਾਰ! ਤੂੰ ਸਭਨਾਂ ਹੀ ਜੀਵਾਂ ਦੀ ਸਾਰ ਰੱਖਣ ਵਾਲਾ ਹੈਂ । ਜੇ ਕੋਈ ਜ਼ੋਰਾਵਰ ਜ਼ੋਰਾਵਰ ਨੂੰ ਮਾਰ ਕੁਟਾਈ ਕਰੇ ਤਾਂ (ਵੇਖਣ ਵਾਲਿਆਂ ਦੇ) ਮਨ ਵਿਚ ਗੁੱਸਾ-ਗਿਲਾ ਨਹੀਂ ਹੁੰਦਾ (ਕਿਉਂਕਿ ਦੋਵੇਂ ਧਿਰਾਂ ਇਕ ਦੂਜੇ ਨੂੰ ਕਰਾਰੇ ਹੱਥ ਵਿਖਾ ਲੈਂਦੇ ਹਨ) ।੧।ਰਹਾਉ।

ਪਰ ਜੇ ਕੋਈ ਸ਼ੇਰ (ਵਰਗਾ) ਜ਼ੋਰਾਵਰ ਗਾਈਆਂ ਦੇ ਵੱਗ (ਵਰਗੇ ਕਮਜ਼ੋਰ ਨਿਹੱਥਿਆਂ) ਉਤੇ ਹੱਲਾ ਕਰ ਕੇ ਮਾਰਨ ਨੂੰ ਆ ਪਏ, ਤਾਂ ਇਸ ਦੀ ਪੁੱਛ (ਵੱਗ ਦੇ) ਖਸਮ ਨੂੰ ਹੀ ਹੁੰਦੀ ਹੈ (ਤਾਹੀਏਂ, ਹੇ ਕਰਤਾਰ! ਮੈਂ ਤੇਰੇ ਅੱਗੇ ਪੁਕਾਰ ਕਰਦਾ ਹਾਂ) । (ਕੁੱਤੇ ਓਪਰੇ ਕੁੱਤਿਆਂ ਨੂੰ ਵੇਖ ਕੇ ਜਰ ਨਹੀਂ ਸਕਦੇ, ਪਾੜ ਖਾਂਦੇ ਹਨ । ਇਸੇ ਤਰ੍ਹਾਂ ਮਨੁੱਖ ਨੂੰ ਪਾੜ ਖਾਣ ਵਾਲੇ ਇਹਨਾਂ ਮਨੁੱਖ-ਰੂਪ ਮੁਗ਼ਲ) ਕੁੱਤਿਆਂ ਨੇ (ਤੇਰੇ ਬਣਾਏ) ਸੋਹਣੇ ਬੰਦਿਆਂ ਨੂੰ ਮਾਰ ਮਾਰ ਕੇ ਮਿੱਟੀ ਵਿਚ ਰੋਲ ਦਿੱਤਾ ਹੈ, ਮਰੇ ਪਿਆਂ ਦੀ ਕੋਈ ਸਾਰ ਹੀ ਨਹੀਂ ਲੈਂਦਾ ।

(ਹੇ ਕਰਤਾਰ! ਤੇਰੀ ਰਜ਼ਾ ਤੂੰ ਹੀ ਜਾਣੇਂ) ਤੂੰ ਆਪ ਹੀ (ਸੰਬੰਧ) ਜੋੜ ਕੇ ਆਪ ਹੀ ਇਹਨਾਂ ਨੂੰ ਮੌਤ ਦੇ ਘਾਟ ਉਤਾਰ ਕੇ ਆਪੋ ਵਿਚੋਂ) ਵਿਛੋੜ ਦਿੱਤਾ ਹੈ । ਵੇਖ! ਹੇ ਕਰਤਾਰ! ਇਹ ਤੇਰੀ ਤਾਕਤ ਦਾ ਕਰਿਸ਼ਮਾ ਹੈ ।੨।

(ਧਨ ਪਦਾਰਥ ਹਕੂਮਤ ਆਦਿਕ ਦੇ ਨਸ਼ੇ ਵਿਚ ਮਨੁੱਖ ਆਪਣੀ ਹਸਤੀ ਨੂੰ ਭੁੱਲ ਜਾਂਦਾ ਹੈ ਤੇ ਬੜੀ ਆਕੜ ਵਿਖਾ ਵਿਖਾ ਕੇ ਹੋਰਨਾਂ ਨੂੰ ਦੁੱਖ ਦੇਂਦਾ ਹੈ, ਪਰ ਇਹ ਨਹੀਂ ਸਮਝਦਾ ਕਿ) ਜੇ ਕੋਈ ਮਨੁੱਖ ਆਪਣੇ ਆਪ ਨੂੰ ਵੱਡਾ ਅਖਵਾ ਲਏ, ਤੇ ਮਨ-ਮੰਨੀਆਂ ਰੰਗ-ਰਲੀਆਂ ਮਾਣ ਲਏ, ਤਾਂ ਭੀ ਉਹ ਖਸਮ-ਪ੍ਰਭੂ ਦੀਆਂ ਨਜ਼ਰਾਂ ਵਿਚ ਇਕ ਕੀੜਾ ਹੀ ਦਿੱਸਦਾ ਹੈ ਜੋ (ਧਰਤੀ ਤੋਂ) ਦਾਣੇ ਚੁਗ ਚੁਗ ਕੇ ਨਿਰਬਾਹ ਕਰਦਾ ਹੈ (ਹਉਮੈ ਦੀ ਬਦ-ਮਸਤੀ ਵਿਚ ਉਹ ਮਨੁੱਖ ਜ਼ਿੰਦਗੀ ਅਜਾਈਂ ਹੀ ਗਵਾ ਜਾਂਦਾ ਹੈ) ।

ਹੇ ਨਾਨਕ! ਜੇਹੜਾ ਮਨੁੱਖ ਵਿਕਾਰਾਂ ਵਲੋਂ ਆਪਾ ਮਾਰ ਕੇ (ਆਤਮਕ ਜੀਵਨ) ਜੀਊਂਦਾ ਹੈ, ਤੇ ਪ੍ਰਭੂ ਦਾ ਨਾਮ ਸਿਮਰਦਾ ਹੈ ਉਹੀ ਇਥੋਂ ਕੁਝ ਖੱਟਦਾ ਹੈ ।੩।੫।੩੯।

ਨੋਟ:- 'ਘਰੁ ੬' ਦੇ ਕੁੱਲ ੫ ਸ਼ਬਦ ਹਨ । ਆਸਾ ਰਾਗ ਵਿਚ ਗੁਰੂ ਨਾਨਕ ਦੇਵ ਜੀ ਦੇ ੩੯ ਸ਼ਬਦ ਹਨ ।

ਰਾਗੁ ਆਸਾ ਘਰੁ ੨ ਮਹਲਾ ੩ ੴ ਸਤਿਗੁਰ ਪ੍ਰਸਾਦਿ ॥ ਹਰਿ ਦਰਸਨੁ ਪਾਵੈ ਵਡਭਾਗਿ ॥ ਗੁਰ ਕੈ ਸਬਦਿ ਸਚੈ ਬੈਰਾਗਿ ॥ ਖਟੁ ਦਰਸਨੁ ਵਰਤੈ ਵਰਤਾਰਾ ॥ ਗੁਰ ਕਾ ਦਰਸਨੁ ਅਗਮ ਅਪਾਰਾ ॥੧॥ ਗੁਰ ਕੈ ਦਰਸਨਿ ਮੁਕਤਿ ਗਤਿ ਹੋਇ ॥ ਸਾਚਾ ਆਪਿ ਵਸੈ ਮਨਿ ਸੋਇ ॥੧॥ ਰਹਾਉ ॥ ਗੁਰ ਦਰਸਨਿ ਉਧਰੈ ਸੰਸਾਰਾ ॥ ਜੇ ਕੋ ਲਾਏ ਭਾਉ ਪਿਆਰਾ ॥ ਭਾਉ ਪਿਆਰਾ ਲਾਏ ਵਿਰਲਾ ਕੋਇ ॥ ਗੁਰ ਕੈ ਦਰਸਨਿ ਸਦਾ ਸੁਖੁ ਹੋਇ ॥੨॥ ਗੁਰ ਕੈ ਦਰਸਨਿ ਮੋਖ ਦੁਆਰੁ ॥ ਸਤਿਗੁਰੁ ਸੇਵੈ ਪਰਵਾਰ ਸਾਧਾਰੁ ॥ ਨਿਗੁਰੇ ਕਉ ਗਤਿ ਕਾਈ ਨਾਹੀ ॥ ਅਵਗਣਿ ਮੁਠੇ ਚੋਟਾ ਖਾਹੀ ॥੩॥ ਗੁਰ ਕੈ ਸਬਦਿ ਸੁਖੁ ਸਾਂਤਿ ਸਰੀਰ ॥ ਗੁਰਮੁਖਿ ਤਾ ਕਉ ਲਗੈ ਨ ਪੀਰ ॥ ਜਮਕਾਲੁ ਤਿਸੁ ਨੇੜਿ ਨ ਆਵੈ ॥ ਨਾਨਕ ਗੁਰਮੁਖਿ ਸਾਚਿ ਸਮਾਵੈ ॥੪॥੧॥੪੦॥ {ਪੰਨਾ 360-361}

ਪਦਅਰਥ:- ਦਰਸਨੁ—ਸ਼ਾਸਤ੍ਰ । ਹਰਿ ਦਰਸਨੁ—ਪਰਮਾਤਮਾ ਦਾ (ਮਿਲਾਪ ਕਰਾਣ ਵਾਲਾ) ਸ਼ਾਸਤ੍ਰ । ਵਡਭਾਗਿ—ਵੱਡੇ ਭਾਗ ਨਾਲ, ਵੱਡੀ ਕਿਸਮਤਿ ਨਾਲ । ਸਬਦਿ—ਸ਼ਬਦ ਦੀ ਰਾਹੀਂ । ਸਚੈ ਬੈਰਾਗਿ—ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਵੈਰਾਗ ਦੀ ਰਾਹੀਂ । ਖਟੁ—ਛੇ । ਖਟੁ ਦਰਸਨ—ਛੇ ਸ਼ਾਸਤ੍ਰ {ਸਾਂਖ, ਨਿਆਏ, ਵੈਸ਼ੇਸ਼ਿਕ, ਮੀਮਾਂਸਾ, ਯੋਗ, ਵੇਦਾਂਤ} । ਵਰਤਾਰਾ—ਰਿਵਾਜ । ਗੁਰ ਕਾ ਦਰਸਨੁ—ਗੁਰੂ ਦਾ ਸ਼ਾਸਤ੍ਰ । ਅਗਮ—ਅਪਹੁੰਚ । ਅਪਾਰਾ—ਜਿਸ ਦਾ ਪਾਰਲਾ ਬੰਨਾ ਨਾਹ ਲੱਭ ਸਕੇ ।੧।

ਦਰਸਨਿ—ਸ਼ਾਸਤ੍ਰ ਦੀ ਰਾਹੀਂ । ਮੁਕਤਿ—ਵਿਕਾਰਾਂ ਤੋਂ ਖ਼ਲਾਸੀ । ਗਤਿ—ਉੱਚੀ ਆਤਮਕ ਅਵਸਥਾ । ਸਾਚਾ—ਸਦਾ ਕਾਇਮ ਰਹਿਣ ਵਾਲਾ ਪ੍ਰਭੂ । ਮਨਿ—ਮਨ ਵਿਚ । ਸੋਇ—ਉਹ ਹੀ ।੧।ਰਹਾਉ।

ਉਧਰੈ—(ਵਿਕਾਰਾਂ ਤੋਂ) ਬਚ ਜਾਂਦਾ ਹੈ । ਕੋ—ਕੋਈ ਮਨੁੱਖ । ਭਾਉ—ਪ੍ਰੇਮ ।੨।

ਮੋਖ ਦੁਆਰੁ—ਵਿਕਾਰਾਂ ਤੋਂ ਖ਼ਲਾਸੀ ਦੇਣ ਵਾਲਾ ਦਰਵਾਜ਼ਾ । ਸਾਧਾਰੁ—ਸ-ਅਦਾਰੁ, ਆਸਰੇ ਵਾਲਾ । ਕਾਈ ਗਤਿ—ਉੱਚੀ ਆਤਮਕ ਅਵਸਥਾ । ਅਵਗਣਿ—ਅਵਗਣ ਵਿਚ, ਪਾਪ ਵਿਚ । ਮੁੱਠੇ—ਲੁੱਟੇ ਜਾ ਰਹੇ । ਖਾਹੀ—ਖਾਹਿ, ਖਾਂਦੇ ਹਨ ।੩।

ਗੁਰਮੁਖਿ—ਗੁਰੂ ਦੀ ਸਰਨ ਪਿਆਂ । ਤਾ ਕਉ—ਉਸ (ਮਨੁੱਖ) ਨੂੰ । ਪੀਰ—ਪੀੜ, ਦੁੱਖ । ਜਮਕਾਲੁ—ਮੌਤ, ਆਤਮਕ ਮੌਤ । ਸਾਚਿ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ । ਸਮਾਵੈ—ਲੀਨ ਹੋ ਜਾਂਦਾ ਹੈ ।੪।

ਅਰਥ:- ਗੁਰੂ ਦੇ (ਦਿੱਤੇ ਹੋਏ) ਸ਼ਾਸਤ੍ਰ ਦੀ ਰਾਹੀਂ ਵਿਕਾਰਾਂ ਤੋਂ ਖ਼ਲਾਸੀ ਹੋ ਜਾਂਦੀ ਹੈ, ਉਹ ਸਦਾ ਕਾਇਮ

ਰਹਿਣ ਵਾਲਾ ਪਰਮਾਤਮਾ ਆਪ ਮਨ ਵਿਚ ਆ ਵੱਸਦਾ ਹੈ ।੧।ਰਹਾਉ।

(ਜਗਤ ਵਿਚ ਵੇਦਾਂਤ ਆਦਿਕ) ਛੇ ਸ਼ਾਸਤ੍ਰਾਂ (ਦੀ ਵਿਕਾਰ) ਦਾ ਰਿਵਾਜ ਚੱਲ ਰਿਹਾ ਹੈ ਪਰ ਗੁਰੂ ਦਾ (ਦਿੱਤਾ ਹੋਇਆ) ਸ਼ਾਸਤ੍ਰ (ਇਹਨਾਂ ਛੇ ਸ਼ਾਸਤ੍ਰਾਂ ਦੀ) ਪਹੁੰਚ ਤੋਂ ਪਰੇ ਹੈ (ਇਹ ਛੇ ਸ਼ਾਸਤ੍ਰ ਗੁਰੂ ਦੇ ਸ਼ਾਸਤ੍ਰ ਦਾ) ਅੰਤ ਨਹੀਂ ਪਾ ਸਕਦੇ । ਗੁਰੂ ਦੇ ਸ਼ਬਦ ਵਿਚ (ਜੁੜ ਕੇ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲਗਨ ਜੋੜ ਕੇ ਮਨੁੱਖ ਵੱਡੀ ਕਿਸਮਤਿ ਨਾਲ ਪਰਮਾਤਮਾ ਦਾ (ਮਿਲਾਪ ਕਰਾਣ ਵਾਲਾ ਗੁਰ-) ਸ਼ਾਸਤ੍ਰ ਪ੍ਰਾਪਤ ਕਰਦਾ ਹੈ ।੨।

ਜੇ ਕੋਈ ਮਨੁੱਖ (ਗੁਰੂ ਦੇ ਸ਼ਾਸਤ੍ਰ ਵਿਚ) ਪ੍ਰੇਮ-ਪਿਆਰ ਜੋੜੇ ਤਾਂ (ਪ੍ਰੇਮ ਜੋੜਨ ਵਾਲਾ) ਜਗਤ ਗੁਰੂ ਦੇ ਸ਼ਾਸਤ੍ਰ ਦੀ ਬਰਕਤਿ ਨਾਲ (ਵਿਕਾਰਾਂ ਤੋਂ) ਬਚ ਜਾਂਦਾ ਹੈ । ਪਰ ਕੋਈ ਵਿਰਲਾ ਮਨੁੱਖ ਹੀ (ਗੁਰੂ ਦੇ ਸ਼ਾਸਤ੍ਰ ਵਿਚ) ਪ੍ਰੇਮ-ਪਿਆਰ ਪੈਦਾ ਕਰਦਾ ਹੈ । (ਹੇ ਭਾਈ!) ਗੁਰੂ ਦੇ ਸ਼ਾਸਤ੍ਰ ਵਿਚ (ਚਿੱਤ ਜੋੜਿਆਂ) ਸਦਾ ਆਤਮਕ ਆਨੰਦ ਮਿਲਦਾ ਹੈ ।੨।

ਗੁਰੂ ਦੇ ਸ਼ਾਸਤ੍ਰ ਵਿਚ (ਸੁਰਤਿ ਟਿਕਾਇਆਂ) ਵਿਕਾਰਾਂ ਤੋਂ ਖ਼ਲਾਸੀ ਪਾਣ ਵਾਲਾ ਰਾਹ ਲੱਭ ਪੈਂਦਾ ਹੈ । ਜੇਹੜਾ ਮਨੁੱਖ ਸਤਿਗੁਰੂ ਦੀ ਸਰਨ ਪੈਂਦਾ ਹੈ ਉਹ ਆਪਣੇ ਪਰਵਾਰ ਵਾਸਤੇ ਭੀ (ਵਿਕਾਰਾਂ ਤੋਂ ਬਚਣ ਲਈ) ਸਹਾਰਾ ਬਣ ਜਾਂਦਾ ਹੈ । ਜੇਹੜਾ ਮਨੁੱਖ ਗੁਰੂ ਦੀ ਸਰਨ ਨਹੀਂ ਪੈਂਦਾ, ਉਸ ਨੂੰ ਕੋਈ ਉੱਚੀ ਆਤਮਕ ਅਵਸਥਾ ਪ੍ਰਾਪਤ ਨਹੀਂ ਹੁੰਦੀ । (ਹੇ ਭਾਈ!) ਜਿਹੜੇ ਮਨੁੱਖ ਪਾਪ (-ਕਰਮ) ਵਿਚ (ਫਸ ਕੇ ਆਤਮਕ ਜੀਵਨ ਵਲੋਂ) ਲੁੱਟੇ ਜਾ ਰਹੇ ਹਨ, ਉਹ (ਜੀਵਨ-ਸਫ਼ਰ ਵਿਚ) (ਵਿਕਾਰਾਂ ਦੀਆਂ) ਸੱਟਾਂ ਖਾਂਦੇ ਹਨ ।੩।

(ਹੇ ਭਾਈ!) ਗੁਰੂ ਦੇ ਸ਼ਬਦ ਵਿਚ ਜੁੜਿਆਂ (ਮਨੁੱਖ ਦੇ) ਸਰੀਰ ਨੂੰ ਸੁਖ ਮਿਲਦਾ ਹੈ ਸ਼ਾਂਤੀ ਮਿਲਦੀ ਹੈ, ਗੁਰੂ ਦੀ ਸਰਨ ਪੈਣ ਕਰਕੇ ਉਸ ਨੂੰ ਕੋਈ ਦੁੱਖ ਪੋਹ ਨਹੀਂ ਸਕਦਾ । ਹੇ ਨਾਨਕ! ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਆਤਮਕ ਮੌਤ ਉਸ ਦੇ ਨੇੜੇ ਨਹੀਂ ਢੁੱਕ ਸਕਦੀ । ਉਹ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਹੋਇਆ ਰਹਿੰਦਾ ਹੈ ।੪।੧।੪੦।

ਨੋਟ:- ਅੰਕ ੪ ਦੱਸਦਾ ਹੈ ਕਿ ਸ਼ਬਦ ਦੇ ੪ ਬੰਕ ਹਨ ।

ਅੰਕ ੧ ਦੱਸਦਾ ਹੈ ਕਿ ਗੁਰੂ ਅਮਰਦਾਸ ਜੀ ਦਾ ਇਹ ਪਹਿਲਾ ਸ਼ਬਦ ਹੈ ।

ਗੁਰੂ ਨਾਨਕ ਜੀ ਦੇ ਸ਼ਬਦ — — ੩੯
ਗੁਰੂ ਅਮਰਦਾਸ ਜੀ ਦਾ ਸ਼ਬਦ — ੧
. . . .———
. . . . ਜੋੜ ੪੦

ਆਸਾ ਮਹਲਾ ੩ ॥ ਸਬਦਿ ਮੁਆ ਵਿਚਹੁ ਆਪੁ ਗਵਾਇ ॥ ਸਤਿਗੁਰੁ ਸੇਵੇ ਤਿਲੁ ਨ ਤਮਾਇ ॥ ਨਿਰਭਉ ਦਾਤਾ ਸਦਾ ਮਨਿ ਹੋਇ ॥ ਸਚੀ ਬਾਣੀ ਪਾਏ ਭਾਗਿ ਕੋਇ ॥੧॥ ਗੁਣ ਸੰਗ੍ਰਹੁ ਵਿਚਹੁ ਅਉਗੁਣ ਜਾਹਿ ॥ ਪੂਰੇ ਗੁਰ ਕੈ ਸਬਦਿ ਸਮਾਹਿ ॥੧॥ ਰਹਾਉ ॥ ਗੁਣਾ ਕਾ ਗਾਹਕੁ ਹੋਵੈ ਸੋ ਗੁਣ ਜਾਣੈ ॥ ਅੰਮ੍ਰਿਤ ਸਬਦਿ ਨਾਮੁ ਵਖਾਣੈ ॥ ਸਾਚੀ ਬਾਣੀ ਸੂਚਾ ਹੋਇ ॥ ਗੁਣ ਤੇ ਨਾਮੁ ਪਰਾਪਤਿ ਹੋਇ ॥੨॥ ਗੁਣ ਅਮੋਲਕ ਪਾਏ ਨ ਜਾਹਿ ॥ ਮਨਿ ਨਿਰਮਲ ਸਾਚੈ ਸਬਦਿ ਸਮਾਹਿ ॥ ਸੇ ਵਡਭਾਗੀ

ਜਿਨ੍ ਨਾਮੁ ਧਿਆਇਆ ॥ ਸਦਾ ਗੁਣਦਾਤਾ ਮੰਨਿ ਵਸਾਇਆ ॥੩॥ ਜੋ ਗੁਣ ਸੰਗ੍ਰਹੈ ਤਿਨ੍ ਬਲਿਹਾਰੈ ਜਾਉ ॥ ਦਰਿ ਸਾਚੈ ਸਾਚੇ ਗੁਣ ਗਾਉ ॥ ਆਪੇ ਦੇਵੈ ਸਹਜਿ ਸੁਭਾਇ ॥ ਨਾਨਕ ਕੀਮਤਿ ਕਹਣੁ ਨ ਜਾਇ ॥੪॥੨॥੪੧॥ {ਪੰਨਾ 361}

ਪਦਅਰਥ:- ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਮੁਆ—(ਮਾਇਆ ਦੇ ਮੋਹ ਵਲੋਂ) ਅਛੋਹ ਹੋ ਗਿਆ । ਆਪੁ—ਆਪਾ-ਭਾਵ । ਤਿਲੁ—ਰਤਾ ਭਰ ਭੀ । ਤਮਾਇਆ—ਲਾਲਚ । ਮਨਿ—ਮਨ ਵਿਚ । ਭਾਗਿ—ਕਿਸਮਤਿ ਨਾਲ ।੧।

ਸੰਗ੍ਰਹੁ—ਇਕੱਠੇ ਕਰੋ (ਆਪਣੇ ਅੰਦਰ) । ਜਾਹਿ—ਦੂਰ ਹੋ ਜਾਣਗੇ । ਸਮਾਹਿ—(ਪ੍ਰਭੂ ਵਿਚ) ਲੀਨ ਹੋ ਜਾਹਿੰਗਾ ।੧।ਰਹਾਉ।

ਵਖਾਣੈ—ਉਚਾਰਦਾ ਹੈ, ਸਿਮਰਦਾ ਹੈ । ਸੂਚਾ—ਪਵਿਤ੍ਰ । ਤੇ—ਤੋਂ ।੨।

ਮਨਿ ਨਿਰਮਲ—ਪਵਿਤ੍ਰ ਮਨ ਵਿਚ । ਸਬਦਿ—ਸ਼ਬਦ ਦੀ ਰਾਹੀਂ । ਮੰਨਿ—ਮਨਿ, ਮਨ ਵਿਚ ।੩।

ਜਾਉ—ਮੈਂ ਜਾਂਦਾ ਹਾਂ । ਦਰਿ ਸਾਚੈ—ਸਦਾ-ਥਿਰ ਪ੍ਰਭੂ ਦੇ ਦਰ ਤੇ । ਗਾਉ—ਮੈਂ ਗਾਂਦਾ ਹਾਂ । ਸਹਜਿ—ਆਤਮਕ ਅਡੋਲਤਾ ਵਿਚ । ਸੁਭਾਇ—ਪ੍ਰੇਮ ਵਿਚ ।੪।

ਅਰਥ:- (ਹੇ ਭਾਈ! ਆਪਣੇ ਅੰਦਰ ਪਰਮਾਤਮਾ ਦੇ) ਗੁਣ ਇਕੱਠੇ ਕਰੋ (ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੇ ਰਹੋ, ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ) ਮਨ ਵਿਚੋਂ ਵਿਕਾਰ ਦੂਰ ਹੋ ਜਾਂਦੇ ਹਨ । ਪੂਰੇ ਗੁਰੂ ਦੇ ਸ਼ਬਦ ਦੀ ਰਾਹੀਂ (ਸਿਫ਼ਤਿ-ਸਾਲਾਹ ਕਰ ਕੇ ਤੂੰ ਗੁਣਾਂ ਦੇ ਮਾਲਕ ਪ੍ਰਭੂ ਵਿਚ) ਟਿਕਿਆ ਰਹੇਂਗਾ ।੧।ਰਹਾਉ।

ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ (ਮਾਇਆ ਦੇ ਮੋਹ ਵਲੋਂ) ਨਿਰਲੇਪ ਹੋ ਜਾਂਦਾ ਹੈ ਉਹ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਲੈਂਦਾ ਹੈ । ਜੇਹੜਾ ਮਨੁੱਖ ਸਤਿਗੁਰੂ ਦੀ ਸਰਨ ਪੈਂਦਾ ਹੈ ਉਸ ਨੂੰ (ਮਾਇਆ ਦਾ) ਰਤਾ ਭਰ ਭੀ ਲਾਲਚ ਨਹੀਂ ਰਹਿੰਦਾ । ਉਸ ਮਨੁੱਖ ਦੇ ਮਨ ਵਿਚ ਉਹ ਦਾਤਾਰ ਸਦਾ ਵੱਸਿਆ ਰਹਿੰਦਾ ਹੈ ਜਿਸ ਨੂੰ ਕਿਸੇ ਤੋਂ ਕੋਈ ਡਰ ਨਹੀਂ । ਪਰ ਕੋਈ ਵਿਰਲਾ ਮਨੁੱਖ ਹੀ ਚੰਗੀ ਕਿਸਮਤਿ ਨਾਲ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ ਉਸ ਨੂੰ ਮਿਲ ਸਕਦਾ ਹੈ ।੧।

ਜੇਹੜਾ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਸੌਦਾ ਵਿਹਾਝਦਾ ਹੈ ਉਹ ਉਸ ਸਿਫ਼ਤਿ-ਸਾਲਾਹ ਦੀ ਕਦਰ ਸਮਝਦਾ ਹੈ; ਉਹ ਮਨੁੱਖ ਆਤਮਕ ਜੀਵਨ ਦੇਣ ਵਾਲੇ ਗੁਰ-ਸ਼ਬਦ ਦੀ ਰਾਹੀਂ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ । ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਬਰਕਤਿ ਨਾਲ ਉਹ ਮਨੁੱਖ ਪਵਿਤ੍ਰ ਜੀਵਨ ਵਾਲਾ ਹੋ ਜਾਂਦਾ ਹੈ । ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਉਸ ਨੂੰ ਪਰਮਾਤਮਾ ਦੇ ਨਾਮ ਦਾ ਸੌਦਾ ਮਿਲ ਜਾਂਦਾ ਹੈ ।੨।

ਪਰਮਾਤਮਾ ਦੇ ਗੁਣਾਂ ਦਾ ਮੁੱਲ ਨਹੀਂ ਪੈ ਸਕਦਾ, ਕਿਸੇ ਭੀ ਕੀਮਤਿ ਤੋਂ ਮਿਲ ਨਹੀਂ ਸਕਦੇ, (ਹਾਂ,) ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਦੀ ਰਾਹੀਂ (ਇਹ ਗੁਣ) ਪਵਿਤ੍ਰ ਹੋਏ ਮਨ ਵਿਚ ਆ ਵੱਸਦੇ ਹਨ । (ਹੇ ਭਾਈ!) ਜਿਨ੍ਹਾਂ ਬੰਦਿਆਂ ਨੇ ਪਰਮਾਤਮਾ ਦਾ ਨਾਮ ਸਿਮਰਿਆ ਹੈ ਆਪਣੇ ਗੁਣਾਂ ਦੀ ਦਾਤਿ ਦੇਣ ਵਾਲਾ ਪ੍ਰਭੂ ਆਪਣੇ ਮਨ ਵਿਚ ਵਸਾਇਆ ਹੈ ਉਹ ਵੱਡੇ ਭਾਗਾਂ ਵਾਲੇ ਹਨ ।੩।

(ਹੇ ਭਾਈ!) ਜੇਹੜਾ ਜੇਹੜਾ ਮਨੁੱਖ ਪਰਮਾਤਮਾ ਦੇ ਗੁਣ (ਆਪਣੇ ਅੰਦਰ) ਇਕੱਠੇ ਕਰਦਾ ਹੈ, ਮੈਂ ਉਹਨਾਂ ਤੋਂ ਕੁਰਬਾਨ ਜਾਂਦਾ ਹਾਂ (ਉਹਨਾਂ ਦੀ ਸੰਗਤਿ ਦੀ ਬਰਕਤਿ ਨਾਲ) ਮੈਂ ਸਦਾ-ਥਿਰ ਪ੍ਰਭੂ ਦੇ ਦਰ ਤੇ (ਟਿਕ ਕੇ) ਉਸ

ਸਦਾ ਕਾਇਮ ਰਹਿਣ ਵਾਲੇ ਦੇ ਗੁਣ ਗਾਂਦਾ ਹਾਂ ।

ਹੇ ਨਾਨਕ! (ਗੁਣਾਂ ਦੀ ਦਾਤਿ ਜਿਸ ਮਨੁੱਖ ਨੂੰ) ਪ੍ਰਭੂ ਆਪ ਹੀ ਦੇਂਦਾ ਹੈ (ਉਹ ਮਨੁੱਖ) ਆਤਮਕ ਅਡੋਲਤਾ ਵਿਚ ਟਿਕਦਾ ਹੈ ਪ੍ਰੇਮ ਵਿਚ ਜੁੜਿਆ ਰਹਿੰਦਾ ਹੈ (ਉਸ ਦੇ ਉੱਚੇ ਜੀਵਨ ਦਾ ਮੁੱਲ ਨਹੀਂ ਦੱਸਿਆ ਜਾ ਸਕਦਾ।੪।੨।੪੧।

ਆਸਾ ਮਹਲਾ ੩ ॥ ਸਤਿਗੁਰ ਵਿਚਿ ਵਡੀ ਵਡਿਆਈ ॥ ਚਿਰੀ ਵਿਛੁੰਨੇ ਮੇਲਿ ਮਿਲਾਈ ॥ ਆਪੇ ਮੇਲੇ ਮੇਲਿ ਮਿਲਾਏ ॥ ਆਪਣੀ ਕੀਮਤਿ ਆਪੇ ਪਾਏ ॥੧॥ ਹਰਿ ਕੀ ਕੀਮਤਿ ਕਿਨ ਬਿਧਿ ਹੋਇ ॥ ਹਰਿ ਅਪਰੰਪਰੁ ਅਗਮ ਅਗੋਚਰੁ ਗੁਰ ਕੈ ਸਬਦਿ ਮਿਲੈ ਜਨੁ ਕੋਇ ॥੧॥ ਰਹਾਉ ॥ ਗੁਰਮੁਖਿ ਕੀਮਤਿ ਜਾਣੈ ਕੋਇ ॥ ਵਿਰਲੇ ਕਰਮਿ ਪਰਾਪਤਿ ਹੋਇ ॥ ਊਚੀ ਬਾਣੀ ਊਚਾ ਹੋਇ ॥ ਗੁਰਮੁਖਿ ਸਬਦਿ ਵਖਾਣੈ ਕੋਇ ॥੨॥ ਵਿਣੁ ਨਾਵੈ ਦੁਖੁ ਦਰਦੁ ਸਰੀਰਿ ॥ ਸਤਿਗੁਰੁ ਭੇਟੇ ਤਾ ਉਤਰੈ ਪੀਰ ॥ ਬਿਨੁ ਗੁਰ ਭੇਟੇ ਦੁਖੁ ਕਮਾਇ ॥ ਮਨਮੁਖਿ ਬਹੁਤੀ ਮਿਲੈ ਸਜਾਇ ॥੩॥ ਹਰਿ ਕਾ ਨਾਮੁ ਮੀਠਾ ਅਤਿ ਰਸੁ ਹੋਇ ॥ ਪੀਵਤ ਰਹੈ ਪੀਆਏ ਸੋਇ ॥ ਗੁਰ ਕਿਰਪਾ ਤੇ ਹਰਿ ਰਸੁ ਪਾਏ ॥ ਨਾਨਕ ਨਾਮਿ ਰਤੇ ਗਤਿ ਪਾਏ ॥੪॥੩॥੪੨॥ {ਪੰਨਾ 361}

ਪਦਅਰਥ:- ਮੇਲਿ—(ਪ੍ਰਭੂ ਦੇ) ਮਿਲਾਪ ਵਿਚ । ਆਪੇ—(ਪ੍ਰਭੂ) ਆਪ ਹੀ । ਕੀਮਤਿ—ਕਦਰ ।੧।

ਕਿਨ ਬਿਧਿ—ਕਿਸ ਤਰੀਕੇ ਨਾਲ? ਅਪਰੰਪਰੁ—ਪਰੇ ਤੋਂ ਪਰੇ । ਅਗਮ—ਅਪਹੁੰਚ । ਅਗੋਚਰੁ—{ਅ-ਗੋ-ਚਰੁ । ਗੋ—ਗਿਆਨ-ਇੰਦ੍ਰੇ । ਚਰੁ—ਪਹੁੰਚ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ । ਕੋਇ—ਕੋਈ ਵਿਰਲਾ ।੧।ਰਹਾਉ।

ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਕਰਮਿ—ਮੇਹਰ ਨਾਲ । ਊਚਾ—ਉੱਚੇ ਜੀਵਨ ਵਾਲਾ ।੨।

ਸਰੀਰਿ—ਸਰੀਰ ਵਿਚ, ਹਿਰਦੇ ਵਿਚ । ਭੇਟੇ—ਮਿਲੇ । ਤਾ—ਤਦੋਂ । ਬਿਨੁ ਗੁਰ ਭੇਟੇ—ਗੁਰੂ ਨੂੰ ਮਿਲਣ ਤੋਂ ਬਿਨਾ । ਮਨਮੁਖਿ—ਆਪਣੇ ਮਨ ਦੇ ਪਿਛੇ ਤੁਰਨ ਵਾਲਾ ।੩।

ਅਤਿ ਰਸੁ—ਬਹੁਤ ਰਸ ਵਾਲਾ । ਪੀਆਏ—ਪਿਲਾਂਦਾ ਹੈ । ਸੋਇ—ਉਹ (ਪ੍ਰਭੂ) ਹੀ । ਤੇ—ਤੋਂ । ਨਾਮਿ—ਨਾਮ ਵਿਚ । ਰਤੇ—ਰੰਗੀਜ ਕੇ । ਗਤਿ—ਉੱਚੀ ਆਤਮਕ ਅਵਸਥਾ ।੪।

ਅਰਥ:- (ਹੇ ਭਾਈ!) ਕਿਸ ਤਰੀਕੇ ਨਾਲ (ਮਨੁੱਖ ਦੇ ਮਨ ਵਿਚ) ਪਰਮਾਤਮਾ (ਦੇ ਨਾਮ) ਦੀ ਕਦਰ ਪੈਦਾ ਹੋਵੇ? ਪਰਮਾਤਮਾ ਪਰੇ ਤੋਂ ਪਰੇ ਹੈ, ਪਰਮਾਤਮਾ ਅਪਹੁੰਚ ਹੈ, ਪਰਮਾਤਮਾ ਤਕ ਗਿਆਨ-ਇੰਦ੍ਰਿਆਂ ਦੀ ਰਾਹੀਂ ਪਹੁੰਚ ਨਹੀਂ ਹੋ ਸਕਦੀ । (ਬੱਸ!) ਗੁਰੂ ਦੇ ਸ਼ਬਦ ਦੀ ਰਾਹੀਂ (ਹੀ) ਕੋਈ ਵਿਰਲਾ ਮਨੁੱਖ ਪ੍ਰਭੂ ਨੂੰ ਮਿਲਦਾ ਹੈ (ਤੇ ਉਸ ਦੇ ਅੰਦਰ ਪ੍ਰਭੂ ਦੇ ਨਾਮ ਦੀ ਕਦਰ ਪੈਦਾ ਹੁੰਦੀ ਹੈ) ।੧।ਰਹਾਉ।

(ਹੇ ਭਾਈ!) ਸਤਿਗੁਰੂ ਵਿਚ ਇਹ ਵੱਡਾ ਭਾਰਾ ਗੁਣ ਹੈ ਕਿ ਉਹ ਅਨੇਕਾਂ ਜਨਮਾਂ ਦੇ ਵਿਛੁੜੇ ਹੋਏ ਜੀਵਾਂ ਨੂੰ ਪਰਮਾਤਮਾ ਦੇ ਚਰਨਾਂ ਵਿਚ ਜੋੜ ਦੇਂਦਾ ਹੈ । ਪ੍ਰਭੂ ਆਪ ਹੀ (ਗੁਰੂ) ਮਿਲਾਂਦਾ ਹੈ, ਗੁਰੂ ਮਿਲਾ ਕੇ ਆਪਣੇ ਚਰਨਾਂ ਵਿਚ ਜੋੜਦਾ ਹੈ ਤੇ (ਇਸ ਤਰ੍ਹਾਂ ਜੀਵਾਂ ਦੇ ਹਿਰਦੇ ਵਿਚ) ਆਪਣੇ ਨਾਮ ਦੀ ਕਦਰ ਆਪ ਹੀ ਪੈਦਾ ਕਰਦਾ ਹੈ ।੧।

ਕੋਈ ਵਿਰਲਾ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਨਾਮ ਦੀ ਕਦਰ ਸਮਝਦਾ ਹੈ ਕਿਸੇ ਵਿਰਲੇ ਨੂੰ

ਪਰਮਾਤਮਾ ਦੀ ਮੇਹਰ ਨਾਲ (ਪਰਮਾਤਮਾ ਦਾ ਨਾਮ) ਮਿਲਦਾ ਹੈ । ਸਭ ਤੋਂ ਉੱਚੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਬਰਕਤਿ ਨਾਲ ਮਨੁੱਖ ਉੱਚੇ ਜੀਵਨ ਵਾਲਾ ਬਣ ਜਾਂਦਾ ਹੈ । ਕੋਈ (ਵਿਰਲਾ ਭਾਗਾਂ ਵਾਲਾ ਮਨੁੱਖ) ਗੁਰੂ ਦੀ ਸਰਨ ਪੈ ਕੇ ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦਾ ਨਾਮ ਸਿਮਰਦਾ ਹੈ ।੨।

ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਮਨੁੱਖ ਦੇ ਸਰੀਰ ਵਿਚ (ਵਿਕਾਰਾਂ ਦਾ) ਦੁੱਖ ਰੋਗ ਪੈਦਾ ਹੋਇਆ ਰਹਿੰਦਾ ਹੈ, ਜਦੋਂ ਮਨੁੱਖ ਨੂੰ ਗੁਰੂ ਮਿਲਦਾ ਹੈ, ਤਦੋਂ ਉਸ ਦਾ ਇਹ ਦੁੱਖ ਦੂਰ ਹੋ ਜਾਂਦਾ ਹੈ । ਗੁਰੂ ਨੂੰ ਮਿਲਣ ਤੋਂ ਬਿਨਾ ਮਨੁੱਖ ਉਹੀ ਕਰਮ ਕਮਾਂਦਾ ਹੈ ਜੋ ਦੁੱਖ ਪੈਦਾ ਕਰਨ, (ਇਸ ਤਰ੍ਹਾਂ) ਆਪਣੇ ਮਨ ਦੇ ਪਿਛੇ ਤੁਰਨ ਵਾਲੇ ਮਨੁੱਖ ਨੂੰ ਸਦਾ ਬਹੁਤ ਸਜ਼ਾ ਮਿਲਦੀ ਰਹਿੰਦੀ ਹੈ ।੩।

(ਹੇ ਭਾਈ!) ਪਰਮਾਤਮਾ ਦਾ ਨਾਮ (ਇਕ ਐਸਾ ਅੰਮ੍ਰਿਤ ਹੈ ਜੋ) ਮਿੱਠਾ ਹੈ, ਬੜੇ ਰਸ ਵਾਲਾ ਹੈ । ਪਰ ਉਹੀ ਮਨੁੱਖ ਇਹ ਨਾਮ-ਰਸ ਪੀਂਦਾ ਰਹਿੰਦਾ ਹੈ, ਜਿਸ ਨੂੰ ਉਹ ਪਰਮਾਤਮਾ ਆਪ ਪਿਲਾਏ ।

ਹੇ ਨਾਨਕ! ਗੁਰੂ ਦੀ ਕਿਰਪਾ ਨਾਲ ਹੀ ਮਨੁੱਖ ਪਰਮਾਤਮਾ ਦੇ ਨਾਮ-ਜਲ ਦਾ ਆਨੰਦ ਮਾਣਦਾ ਹੈ, ਨਾਮ-ਰੰਗਿ ਵਿਚ ਰੰਗੀਜ ਕੇ ਮਨੁੱਖ ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ ।੪।੩।੪੨।

ਆਸਾ ਮਹਲਾ ੩ ॥ ਮੇਰਾ ਪ੍ਰਭੁ ਸਾਚਾ ਗਹਿਰ ਗੰਭੀਰ ॥ ਸੇਵਤ ਹੀ ਸੁਖੁ ਸਾਂਤਿ ਸਰੀਰ ॥ ਸਬਦਿ ਤਰੇ ਜਨ ਸਹਜਿ ਸੁਭਾਇ ॥ ਤਿਨ ਕੈ ਹਮ ਸਦ ਲਾਗਹ ਪਾਇ ॥੧॥ ਜੋ ਮਨਿ ਰਾਤੇ ਹਰਿ ਰੰਗੁ ਲਾਇ ॥ ਤਿਨ ਕਾ ਜਨਮ ਮਰਣ ਦੁਖੁ ਲਾਥਾ ਤੇ ਹਰਿ ਦਰਗਹ ਮਿਲੇ ਸੁਭਾਇ ॥੧॥ ਰਹਾਉ ॥ ਸਬਦੁ ਚਾਖੈ ਸਾਚਾ ਸਾਦੁ ਪਾਏ ॥ ਹਰਿ ਕਾ ਨਾਮੁ ਮੰਨਿ ਵਸਾਏ ॥ ਹਰਿ ਪ੍ਰਭੁ ਸਦਾ ਰਹਿਆ ਭਰਪੂਰਿ ॥ ਆਪੇ ਨੇੜੈ ਆਪੇ ਦੂਰਿ ॥੨॥ ਆਖਣਿ ਆਖੈ ਬਕੈ ਸਭੁ ਕੋਇ ॥ ਆਪੇ ਬਖਸਿ ਮਿਲਾਏ ਸੋਇ ॥ ਕਹਣੈ ਕਥਨਿ ਨ ਪਾਇਆ ਜਾਇ ॥ ਗੁਰ ਪਰਸਾਦਿ ਵਸੈ ਮਨਿ ਆਇ ॥੩॥ ਗੁਰਮੁਖਿ ਵਿਚਹੁ ਆਪੁ ਗਵਾਇ ॥ ਹਰਿ ਰੰਗਿ ਰਾਤੇ ਮੋਹੁ ਚੁਕਾਇ ॥ ਅਤਿ ਨਿਰਮਲੁ ਗੁਰ ਸਬਦ ਵੀਚਾਰ ॥ ਨਾਨਕ ਨਾਮਿ ਸਵਾਰਣਹਾਰ ॥੪॥੪॥੪੩॥ {ਪੰਨਾ 361-362}

ਪਦਅਰਥ:- ਸਾਚਾ—ਸਦਾ ਕਾਇਮ ਰਹਿਣ ਵਾਲਾ । ਗਹਿਰ—ਡੂੰਘਾ, ਜਿਸ ਦੇ ਦਿਲ ਦਾ ਭੇਤ ਨਾਹ ਪਾਇਆ ਜਾ ਸਕੇ । ਗੰਭੀਰ—ਡੂੰਘੇ ਜਿਗਰੇ ਵਾਲਾ, ਵੱਡੇ ਜਿਗਰੇ ਵਾਲਾ । ਸੇਵਤ—ਸਿਮਰਦਿਆਂ । ਸਬਦਿ—ਗੁਰ-ਸ਼ਬਦ ਦੀ ਰਾਹੀਂ । ਸਹਜਿ—ਆਤਮਕ ਅਡੋਲਤਾ ਵਿਚ । ਸੁਭਾਇ—ਪ੍ਰੇਮ ਵਿਚ । ਸਦ—ਸਦਾ । ਲਾਗਹ—(ਅਸੀ) ਲਗਦੇ ਹਾਂ । ਪਾਇ—ਪੈਰੀਂ ।੧।

ਮਨਿ—ਮਨ ਵਿਚ । ਲਾਇ—ਲਾ ਕੇ । ਦਰਗਹ—ਹਜ਼ੂਰੀ ਵਿਚ । ਸੁਭਾਇ—ਪ੍ਰੇਮ ਦੀ ਰਾਹੀਂ ।੧।ਰਹਾਉ।

ਮੰਨਿ—ਮਨਿ, ਮਨ ਵਿਚ ।੨।

ਆਖਣਿ ਆਖੈ—ਆਖਣ ਨੂੰ ਆਖਦਾ ਹੈ, ਰਿਵਾਜੀ ਤੌਰ ਤੇ ਆਖਦਾ ਹੈ । ਬਕੈ—ਬੋਲਦਾ ਹੈ । ਸਭੁ ਕੋਇ—ਹਰੇਕ ਮਨੁੱਖ । ਕਹਣੈ—ਆਖਣ ਨਾਲ । ਕਥਨਿ—ਆਖਣ ਨਾਲ । ਪਰਸਾਦਿ—ਕਿਰਪਾ ਨਾਲ । ਮਨਿ—ਮਨ ਵਿਚ ।੩।

ਆਪੁ—ਆਪਾ-ਭਾਵ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ । ਰੰਗਿ ਰਾਤੇ—ਰੰਗ ਵਿਚ ਰੰਗਿਆ ਜਾਣ ਕਰਕੇ । ਅਤਿ—ਬਹੁਤ । ਨਾਮਿ—ਨਾਮ ਦੀ ਰਾਹੀਂ ।੪।

ਅਰਥ:- (ਹੇ ਭਾਈ!) ਜੇਹੜੇ ਮਨੁੱਖ ਪਰਮਾਤਮਾ ਦਾ ਪ੍ਰੇਮ-ਰੰਗ ਵਰਤ ਵਰਤ ਕੇ ਆਪਣੇ ਮਨ ਵਿਚ (ਪ੍ਰੇਮ-ਰੰਗ ਨਾਲ) ਰੰਗੇ ਜਾਂਦੇ ਹਨ, ਉਹਨਾਂ ਮਨੁੱਖਾਂ ਦਾ ਜਨਮ ਮਰਨ ਦੇ ਗੇੜ ਦਾ ਦੁੱਖ ਦੂਰ ਹੋ ਜਾਂਦਾ ਹੈ, ਪ੍ਰੇਮ ਦੀ ਬਰਕਤਿ ਨਾਲ ਉਹ ਮਨੁੱਖ ਪਰਮਾਤਮਾ ਦੀ ਹਜ਼ੂਰੀ ਵਿਚ ਟਿਕੇ ਰਹਿੰਦੇ ਹਨ ।੧।ਰਹਾਉ।

(ਹੇ ਭਾਈ!) ਪਿਆਰਾ ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਡੂੰਘਾ ਹੈ ਤੇ ਵੱਡੇ ਜਿਗਰੇ ਵਾਲਾ ਹੈ । ਉਸ ਦਾ ਸਿਮਰਨ ਕੀਤਿਆਂ ਸਰੀਰ ਨੂੰ ਸੁਖ ਮਿਲਦਾ ਹੈ, ਸ਼ਾਂਤੀ ਮਿਲਦੀ ਹੈ । (ਜੇਹੜੇ ਮਨੁੱਖ) ਗੁਰੂ ਦੀ ਰਾਹੀਂ (ਸਿਮਰਨ ਕਰਦੇ ਹਨ ਉਹ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ ਉਹ ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਨ ਉਹ ਪ੍ਰਭੂ-ਪ੍ਰੇਮ ਵਿਚ ਜੁੜੇ ਰਹਿੰਦੇ ਹਨ, ਅਸੀ (ਮੈਂ) ਸਦਾ ਉਹਨਾਂ ਦੀ ਚਰਨੀਂ ਲੱਗਦੇ (ਲੱਗਦਾ) ਹਾਂ ।੧।

(ਹੇ ਭਾਈ!) ਜੇਹੜਾ ਮਨੁੱਖ ਗੁਰੂ ਦੇ ਸ਼ਬਦ ਦਾ ਰਸ ਚੱਖਦਾ ਹੈ, ਉਹ ਸਦਾ ਕਾਇਮ ਰਹਿਣ ਵਾਲਾ (ਆਤਮਕ) ਆਨੰਦ ਮਾਣਦਾ ਹੈ (ਕਿਉਂਕਿ) ਉਹ ਪਰਮਾਤਮਾ ਦੇ ਨਾਮ ਨੂੰ (ਸਦਾ ਆਪਣੇ) ਮਨ ਵਿਚ ਵਸਾਈ ਰੱਖਦਾ ਹੈ (ਉਸ ਨੂੰ ਫਿਰ ਪ੍ਰਤੱਖ ਇਉਂ ਦਿੱਸਦਾ ਹੈ ਕਿ) ਪਰਮਾਤਮਾ ਸਦਾ ਹਰ ਥਾਂ ਵਿਆਪ ਰਿਹਾ ਹੈ, ਉਹ ਆਪ ਹੀ (ਹਰੇਕ ਜੀਵ ਦੇ) ਅੰਗ-ਸੰਗ ਹੈ ਤੇ ਆਪ ਹੀ ਦੂਰ (ਅਪਹੁੰਚ) ਭੀ ਹੈ ।੨।

(ਹੇ ਭਾਈ!) ਰਿਵਾਜੀ ਤੌਰ ਤੇ ਹਰੇਕ ਮਨੁੱਖ ਆਖਦਾ ਹੈ, ਸੁਣਾਂਦਾ ਹੈ ਕਿ (ਪਰਮਾਤਮਾ) ਹਰੇਕ ਦੇ ਨੇੜੇ ਵੱਸਦਾ ਹੈ, ਪਰ ਜਿਸ ਕਿਸੇ ਨੂੰ ਉਹ ਆਪਣੇ ਚਰਨਾਂ ਵਿਚ ਮਿਲਾਂਦਾ ਹੈ, ਉਹ ਆਪ ਹੀ ਮੇਹਰ ਕਰ ਕੇ ਮਿਲਾਂਦਾ ਹੈ । ਜ਼ਬਾਨੀ ਆਖਣ ਨਾਲ ਗੱਲਾਂ ਕਰਨ ਨਾਲ ਪਰਮਾਤਮਾ ਮਿਲਦਾ ਨਹੀਂ, ਗੁਰੂ ਦੀ ਕਿਰਪਾ ਨਾਲ ਮਨ ਵਿਚ ਆ ਵੱਸਦਾ ਹੈ ।੩।

ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਲੈਂਦਾ ਹੈ, ਤੇ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗੀਜ ਕੇ (ਆਪਣੇ ਅੰਦਰੋਂ ਮਾਇਆ ਦਾ) ਮੋਹ ਮੁਕਾਂਦਾ ਹੈ ।

ਹੇ ਨਾਨਕ! ਗੁਰੂ ਦੇ ਸ਼ਬਦ ਦੀ ਵਿਚਾਰ ਮਨੁੱਖ ਨੂੰ ਬਹੁਤ ਪਵਿਤ੍ਰ ਜੀਵਨ ਵਾਲਾ ਬਣਾ ਦੇਂਦੀ ਹੈ, ਪ੍ਰਭੂ-ਨਾਮ ਵਿਚ ਜੁੜ ਕੇ ਮਨੁੱਖ ਹੋਰਨਾਂ ਦਾ ਜੀਵਨ ਸੰਵਾਰਨ ਜੋਗਾ ਭੀ ਹੋ ਜਾਂਦਾ ਹੈ ।੪।੪।੪੩।

ਆਸਾ ਮਹਲਾ ੩ ॥ ਦੂਜੈ ਭਾਇ ਲਗੇ ਦੁਖੁ ਪਾਇਆ ॥ ਬਿਨੁ ਸਬਦੈ ਬਿਰਥਾ ਜਨਮੁ ਗਵਾਇਆ ॥ ਸਤਿਗੁਰੁ ਸੇਵੈ ਸੋਝੀ ਹੋਇ ॥ ਦੂਜੈ ਭਾਇ ਨ ਲਾਗੈ ਕੋਇ ॥੧॥ ਮੂਲਿ ਲਾਗੇ ਸੇ ਜਨ ਪਰਵਾਣੁ ॥ ਅਨਦਿਨੁ ਰਾਮ ਨਾਮੁ ਜਪਿ ਹਿਰਦੈ ਗੁਰ ਸਬਦੀ ਹਰਿ ਏਕੋ ਜਾਣੁ ॥੧॥ ਰਹਾਉ ॥ ਡਾਲੀ ਲਾਗੈ ਨਿਹਫਲੁ ਜਾਇ ॥ ਅੰਧਂੀ ਕੰਮੀ ਅੰਧ ਸਜਾਇ ॥ ਮਨਮੁਖੁ ਅੰਧਾ ਠਉਰ ਨ ਪਾਇ ॥ ਬਿਸਟਾ ਕਾ ਕੀੜਾ ਬਿਸਟਾ ਮਾਹਿ ਪਚਾਇ ॥੨॥ ਗੁਰ ਕੀ ਸੇਵਾ ਸਦਾ ਸੁਖੁ ਪਾਏ ॥ ਸੰਤਸੰਗਤਿ ਮਿਲਿ ਹਰਿ ਗੁਣ ਗਾਏ ॥ ਨਾਮੇ ਨਾਮਿ ਕਰੇ ਵੀਚਾਰੁ ॥ ਆਪਿ ਤਰੈ ਕੁਲ ਉਧਰਣਹਾਰੁ ॥੩॥ ਗੁਰ ਕੀ ਬਾਣੀ ਨਾਮਿ ਵਜਾਏ ॥ ਨਾਨਕ ਮਹਲੁ ਸਬਦਿ ਘਰੁ ਪਾਏ ॥ ਗੁਰਮਤਿ ਸਤ ਸਰਿ ਹਰਿ ਜਲਿ ਨਾਇਆ ॥ ਦੁਰਮਤਿ ਮੈਲੁ ਸਭੁ ਦੁਰਤੁ ਗਵਾਇਆ ॥੪॥੫॥੪੪॥ {ਪੰਨਾ 362}

ਪਦਅਰਥ:- ਭਾਇ—ਪਿਆਰ ਵਿਚ । ਭਾਉ—ਪਿਆਰ । ਦੂਜੈ ਭਾਇ—ਹੋਰ ਦੇ ਪਿਆਰ ਵਿਚ । ਬਿਰਥਾ—ਵਿਅਰਥ । ਸੇਵੈ—ਸਰਨ ਪੈਂਦਾ ਹੈ । ਕੋਇ—ਕੋਈ ਭੀ ਮਨੁੱਖ ।੧।

ਮੂਲਿ—(ਜਗਤ ਦੇ) ਮੂਲ (-ਪ੍ਰਭੂ) ਵਿਚ । ਸੇ ਜਨ—ਉਹ ਬੰਦੇ । ਅਨਦਿਨੁ—{Anidn} ਹਰ ਰੋਜ਼, ਹਰ

ਵੇਲੇ । ਜਪਿ—ਜਪ ਕੇ । ਜਾਣੁ—ਜਾਣੂ, ਪਛਾਣੂ ।੧।ਰਹਾਉ।

ਨਿਹਫਲੁ—ਅੱਫਲ । ਅੰਧ—(ਮਾਇਆ ਵਿਚ) ਅੰਨ੍ਹੇ ਹੋਏ ਮਨੁੱਖ ਨੂੰ । ਮਨਮੁਖੁ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਪਚਾਇ—ਸੜਦਾ ਹੈ ।੧।

ਮਿਲਿ—ਮਿਲ ਕੇ । ਨਾਮੇ—ਨਾਮਿ ਹੀ, ਨਾਮ ਵਿਚ ਹੀ । ਉਧਰਣਹਾਰੁ—ਬਚਾਣ-ਜੋਗਾ ।੩।

ਵਜਾਏ—(ਵਾਜਾ) ਵਜਾਂਦਾ ਹੈ । ਮਹਲੁ—ਟਿਕਾਣਾ, ਪ੍ਰਭੂ-ਚਰਨ । ਘਰੁ—ਪ੍ਰਭੂ ਦਾ ਘਰ । ਸਤਸਰਿ—ਸਾਧ ਸੰਗਤਿ-ਰੂਪ ਸਰੋਵਰ ਵਿਚ । ਸਰਿ—ਸਰੋਵਰ ਵਿਚ । ਜਲਿ—ਜਲ ਨਾਲ, ਪਾਣੀ ਨਾਲ । ਨਾਇਆ—ਨ੍ਹਾਤਾ । ਦੁਰਤੁ—ਪਾਪ ।੪।

ਅਰਥ:- (ਹੇ ਭਾਈ! ਜੇਹੜੇ ਮਨੁੱਖ) ਜਗਤ ਦੇ ਰਚਨਹਾਰ ਪਰਮਾਤਮਾ (ਦੀ ਯਾਦ) ਵਿਚ ਜੁੜਦੇ ਹਨ ਉਹ ਮਨੁੱਖ (ਪਰਮਾਤਮਾ ਦੀਆਂ ਨਜ਼ਰਾਂ ਵਿਚ) ਕਬੂਲ ਹੋ ਜਾਂਦੇ ਹਨ । ਪਰਮਾਤਮਾ ਦਾ ਨਾਮ ਹਰ ਵੇਲੇ ਆਪਣੇ ਹਿਰਦੇ ਵਿਚ ਜਪ ਕੇ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਮਨੁੱਖ ਇਕ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲੈਂਦਾ ਹੈ ।੧।ਰਹਾਉ।

(ਜੇਹੜੇ ਮਨੁੱਖ ਪਰਮਾਤਮਾ ਨੂੰ ਛੱਡ ਕੇ) ਕਿਸੇ ਹੋਰ ਦੇ ਪਿਆਰ ਵਿਚ ਮੱਤੇ ਰਹਿੰਦੇ ਹਨ ਉਹਨਾਂ ਨੇ ਦੁੱਖ ਹੀ ਦੁੱਖ ਸਹੇੜਿਆ, ਗੁਰੂ ਦੇ ਸ਼ਬਦ ਤੋਂ ਵਾਂਜੇ ਰਹਿ ਕੇ ਉਹਨਾਂ ਆਪਣੀ ਜ਼ਿੰਦਗੀ ਵਿਅਰਥ ਗਵਾ ਲਈ । ਜੇਹੜਾ ਕੋਈ ਮਨੁੱਖ ਗੁਰੂ ਦੇ ਦੱਸੇ ਰਾਹ ਉਤੇ ਤੁਰਦਾ ਹੈ ਉਸ ਨੂੰ (ਸਹੀ ਜੀਵਨ ਦੀ) ਸਮਝ ਆ ਜਾਂਦੀ ਹੈ, ਉਹ ਫਿਰ ਮਾਇਆ ਦੇ ਪਿਆਰ ਵਿਚ ਨਹੀਂ ਲੱਗਦਾ ।੧।

(ਜੇਹੜਾ ਮਨੁੱਖ ਜਗਤ ਦੇ ਮੂਲ-ਪ੍ਰਭੂ-ਰੁੱਖ ਨੂੰ ਛੱਡ ਕੇ ਉਸ ਦੀ ਰਚੀ ਮਾਇਆ-ਰੂਪ) ਟਹਣੀ ਨੂੰ ਚੰਬੜਿਆ ਰਹਿੰਦਾ ਹੈ ਉਹ ਅੱਫਲ ਹੀ ਜਾਂਦਾ ਹੈ (ਜੀਵਨ-ਫਲ ਪ੍ਰਾਪਤ ਨਹੀਂ ਕਰ ਸਕਦਾ), ਬੇ-ਸਮਝੀ ਦੇ ਕੰਮਾਂ ਵਿਚ ਪੈ ਕੇ (ਮਾਇਆ ਦੇ ਮੋਹ ਵਿਚ) ਅੰਨ੍ਹਾ ਹੋਇਆ ਮਨੁੱਖ (ਮਾਇਆ ਦੀ ਭਟਕਣਾ ਤੋਂ ਬਚਣ ਦਾ) ਟਿਕਾਣਾ ਨਹੀਂ ਲੱਭ ਸਕਦਾ (ਉਹ ਮਨੁੱਖ ਮਾਇਆ ਦੇ ਮੋਹ ਵਿਚ ਇਉਂ ਹੀ) ਖ਼ੁਆਰ ਹੁੰਦਾ ਹੈ (ਜਿਵੇਂ) ਗੰਦ ਦਾ ਕੀੜਾ ਗੰਦ ਵਿਚ ।੨।

ਜੇਹੜਾ ਮਨੁੱਖ ਗੁਰੂ ਦੀ ਦੱਸੀ ਸੇਵਾ ਕਰਦਾ ਹੈ ਉਹ ਸਦਾ ਆਤਮਕ ਆਨੰਦ ਮਾਣਦਾ ਹੈ (ਕਿਉਂਕਿ) ਸਾਧ ਸੰਗਤਿ ਵਿਚ ਮਿਲ ਕੇ ਉਹ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ (ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹੈ) । ਉਹ ਸਦਾ ਪਰਮਾਤਮਾ ਦੇ ਨਾਮ ਵਿਚ ਜੁੜ ਕੇ (ਪਰਮਾਤਮਾ ਦੇ ਗੁਣਾਂ ਦੀ) ਵਿਚਾਰ ਕਰਦਾ ਹੈ । (ਇਸ ਤਰ੍ਹਾਂ) ਉਹ ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ ਤੇ ਆਪਣੀਆਂ ਕੁਲਾਂ ਨੂੰ ਪਾਰ ਲੰਘਾਣ ਜੋਗਾ ਹੋ ਜਾਂਦਾ ਹੈ ।੩।

ਪਰਮਾਤਮਾ ਦੇ ਨਾਮ ਵਿਚ ਜੁੜ ਕੇ ਜੇਹੜਾ ਮਨੁੱਖ ਸਤਿਗੁਰੂ ਦੀ ਬਾਣੀ (ਦਾ ਵਾਜਾ) ਵਜਾਂਦਾ ਹੈ (ਆਪਣੇ ਅੰਦਰ ਗੁਰੂ ਦੀ ਬਾਣੀ ਦਾ ਪੂਰਨ ਪ੍ਰਭਾਵ ਪਾਈ ਰੱਖਦਾ ਹੈ), ਹੇ ਨਾਨਕ! ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ ਮਨੁੱਖ ਪਰਮਾਤਮਾ ਦੇ ਚਰਨਾਂ ਵਿਚ ਘਰ ਮਹਲ ਹਾਸਲ ਕਰ ਲੈਂਦਾ ਹੈ ।

ਗੁਰੂ ਦੀ ਮਤਿ ਲੈ ਕੇ ਜਿਸ ਮਨੁੱਖ ਨੇ ਸਤਸੰਗ-ਸਰੋਵਰ ਵਿਚ ਪਰਮਾਤਮਾ ਦੇ ਨਾਮ-ਜਲ ਨਾਲ ਇਸ਼ਨਾਨ ਕੀਤਾ, ਉਸ ਨੇ ਭੈੜੀ ਖੋਟੀ ਮਤਿ ਦੀ ਮੈਲ ਧੋ ਲਈ ਉਸ ਨੇ (ਆਪਣੇ ਅੰਦਰੋਂ) ਸਾਰਾ ਪਾਪ ਦੂਰ ਕਰ ਲਿਆ ।੪।੫।੪੪।

ਆਸਾ ਮਹਲਾ ੩ ॥ ਮਨਮੁਖ ਮਰਹਿ ਮਰਿ ਮਰਣੁ ਵਿਗਾੜਹਿ ॥ ਦੂਜੈ ਭਾਇ ਆਤਮ ਸੰਘਾਰਹਿ ॥ ਮੇਰਾ ਮੇਰਾ ਕਰਿ ਕਰਿ ਵਿਗੂਤਾ ॥ ਆਤਮੁ ਨ ਚੀਨੈ੍ ਭਰਮੈ ਵਿਚਿ ਸੂਤਾ ॥੧॥ ਮਰੁ ਮੁਇਆ ਸਬਦੇ ਮਰਿ ਜਾਇ ॥ ਉਸਤਤਿ ਨਿੰਦਾ ਗੁਰਿ ਸਮ ਜਾਣਾਈ ਇਸੁ ਜੁਗ ਮਹਿ ਲਾਹਾ ਹਰਿ ਜਪਿ ਲੈ ਜਾਇ ॥੧॥ ਰਹਾਉ ॥ ਨਾਮ ਵਿਹੂਣ ਗਰਭ ਗਲਿ ਜਾਇ ॥ ਬਿਰਥਾ ਜਨਮੁ ਦੂਜੈ ਲੋਭਾਇ ॥ ਨਾਮ ਬਿਹੂਣੀ ਦੁਖਿ ਜਲੈ ਸਬਾਈ ॥ ਸਤਿਗੁਰਿ ਪੂਰੈ ਬੂਝ ਬੁਝਾਈ ॥੨॥ ਮਨੁ ਚੰਚਲੁ ਬਹੁ ਚੋਟਾ ਖਾਇ ॥ ਏਥਹੁ ਛੁੜਕਿਆ ਠਉਰ ਨ ਪਾਇ ॥ ਗਰਭ ਜੋਨਿ ਵਿਸਟਾ ਕਾ ਵਾਸੁ ॥ ਤਿਤੁ ਘਰਿ ਮਨਮੁਖੁ ਕਰੇ ਨਿਵਾਸੁ ॥੩॥ ਅਪੁਨੇ ਸਤਿਗੁਰ ਕਉ ਸਦਾ ਬਲਿ ਜਾਈ ॥ ਗੁਰਮੁਖਿ ਜੋਤੀ ਜੋਤਿ ਮਿਲਾਈ ॥ ਨਿਰਮਲ ਬਾਣੀ ਨਿਜ ਘਰਿ ਵਾਸਾ ॥ ਨਾਨਕ ਹਉਮੈ ਮਾਰੇ ਸਦਾ ਉਦਾਸਾ ॥੪॥੬॥੪੫॥ {ਪੰਨਾ 362}

ਪਦਅਰਥ:- ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ । ਮਰਹਿ—ਆਤਮਕ ਮੌਤ ਮਰਦੇ ਹਨ । ਮਰਿ—ਆਤਮਕ ਮੌਤੇ ਮਰ ਕੇ । ਦੂਜੈ ਭਾਇ—ਮਾਇਆ ਦੇ ਪਿਆਰ ਵਿਚ । ਆਤਮ—ਆਤਮਕ ਜੀਵਨ । ਸੰਘਾਰਹਿ—ਨਾਸ ਕਰ ਲੈਂਦੇ ਹਨ । ਵਿਗੂਤਾ—ਖ਼ੁਆਰ ਹੁੰਦਾ ਹੈ । ਆਤਮੁ—ਆਪਣੇ ਆਪ ਨੂੰ, ਆਪਣੇ ਆਤਮਕ ਜੀਵਨ ਨੂੰ । ਚੀਨੈ—ਪਰਖਦਾ, ਪਛਾਣਦਾ । ਸੂਤਾ—ਗ਼ਾਫ਼ਲ ਹੋਇਆ ਰਹਿੰਦਾ ਹੈ ।੧।

ਮਰੁ—ਮੌਤ, ਅਸਲੀ ਮੌਤ, ਮਾਇਆ ਦੇ ਮੋਹ ਵਲੋਂ ਮੌਤ । ਸਬਦੇ—ਗੁਰੂ ਦੇ ਸ਼ਬਦ ਦੀ ਰਾਹੀਂ । ਗੁਰਿ—ਗੁਰੂ ਨੇ । ਸਮ—ਬਰਾਬਰ । ਜਾਣਾਈ—ਸਮਝਾ ਦਿੱਤੀ । ਜੁਗ ਮਹਿ—ਜੀਵਨ ਵਿਚ । ਲਾਹਾ—ਲਾਭ, ਖੱਟੀ ।੧।ਰਹਾਉ।

ਗਰਭ—ਜਨਮ ਮਰਨ ਦੇ ਗੇੜਾਂ ਵਿਚ । ਗਲਿ ਜਾਇ—ਗਲ ਜਾਂਦਾ ਹੈ, ਆਤਮਕ ਜੀਵਨ ਨਾਸ ਕਰ ਲੈਂਦਾ ਹੈ । ਲੋਭਾਇ—ਲੋਭ ਕਰਦਾ ਹੈ । ਦੁਖਿ—ਦੁੱਖ ਵਿਚ । ਸਬਾਈ—ਸਾਰੀ ਲੁਕਾਈ । ਸਤਿਗੁਰਿ—ਸਤਿਗੁਰੂ ਨੇ । ਬੂਝ—ਸਮਝ ।੨।

ਏਥਹੁ ਛੁੜਕਿਆ—ਇਸ ਮਨੁੱਖਾ ਜਨਮ ਦੀ ਵਾਰੀ ਤੋਂ ਖੁੰਝਿਆ । ਠਉਰ—ਟਿਕਾਣਾ, ਥਾਂ । ਤਿਤੁ ਘਰਿ—ਉਸ ਘਰ ਵਿਚ ।੩।

ਬਲਿ ਜਾਈ—ਮੈਂ ਕੁਰਬਾਨ ਜਾਂਦਾ ਹਾਂ (ਜਾਈਂ) । ਨਿਜ ਘਰਿ—ਆਪਣੇ ਘਰ ਵਿਚ । ਉਦਾਸਾ—ਵਿਰਕਤ ।੪।

ਅਰਥ:- ਕੋਈ ਚੰਗਾ ਆਖੇ, ਕੋਈ ਮੰਦਾ ਆਖੇ, ਇਸ ਨੂੰ ਇਕੋ ਜਿਹਾ ਸਹਾਰਨਾ—ਗੁਰੂ ਨੇ ਜਿਸ ਮਨੁੱਖ ਨੂੰ ਇਹ ਸੂਝ ਬਖ਼ਸ਼ ਦਿੱਤੀ ਹੈ, ਉਹ ਮਨੁੱਖ ਇਸ ਜੀਵਨ ਵਿਚ ਪਰਮਾਤਮਾ ਦਾ ਨਾਮ ਜਪ ਕੇ (ਜਗਤ ਤੋਂ) ਖੱਟੀ ਖੱਟ ਕੇ ਜਾਂਦਾ ਹੈ, ਉਹ ਮਨੁੱਖ (ਮਾਇਆ ਦੇ ਮੋਹ ਵਲੋਂ) ਸੁਰਖ਼ਰੂਈ ਮੌਤ ਮਰਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ (ਮੋਹ ਵਲੋਂ) ਉਹ ਅਛੋਹ ਰਹਿੰਦਾ ਹੈ ।੧।ਰਹਾਉ।

ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਆਤਮਕ ਮੌਤੇ) ਮਰਦੇ ਹਨ (ਇਸ ਤਰ੍ਹਾਂ) ਮਰ ਕੇ ਉਹ ਆਪਣੀ ਮੌਤ ਖ਼ਰਾਬ ਕਰਦੇ ਹਨ, ਕਿਉਂਕਿ ਮਾਇਆ ਦੇ ਮੋਹ ਵਿਚ ਪੈ ਕੇ ਉਹ ਆਪਣਾ ਆਤਮਕ ਜੀਵਨ ਤਬਾਹ ਕਰ ਲੈਂਦੇ ਹਨ ।

ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਇਹ ਧਨ) ਮੇਰਾ ਹੈ (ਇਹ ਪਰਵਾਰਾ) ਮੇਰਾ ਹੈ—ਨਿੱਤ ਇਹੀ ਆਖ ਆਖ ਕੇ ਖ਼ੁਆਰ ਹੁੰਦਾ ਰਹਿੰਦਾ ਹੈ, ਕਦੇ ਆਪਣੇ ਆਤਮਕ ਜੀਵਨ ਨੂੰ ਨਹੀਂ ਪੜਤਾਲਦਾ, ਮਾਇਆ ਦੀ

ਭਟਕਣਾ ਵਿਚ ਪੈ ਕੇ (ਆਤਮਕ ਜੀਵਨ) ਵਲੋਂ ਗ਼ਾਫ਼ਿਲ ਹੋਇਆ ਰਹਿੰਦਾ ਹੈ ।੧।

ਨਾਮ ਤੋਂ ਵਾਂਜਿਆ ਰਹਿ ਕੇ ਮਨੁੱਖ ਜਨਮ ਮਰਨ ਦੇ ਗੇੜਾਂ ਵਿਚ ਆਤਮਕ ਜੀਵਨ ਨਾਸ ਕਰ ਲੈਂਦਾ ਹੈ, ਉਹ ਸਦਾ ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ (ਇਸ ਵਾਸਤੇ) ਉਸ ਦੀ ਜ਼ਿੰਦਗੀ ਵਿਅਰਥ ਚਲੀ ਜਾਂਦੀ ਹੈ । ਨਾਮ ਤੋਂ ਸੱਖਣੀ ਰਹਿ ਕੇ ਸਾਰੀ ਲੁਕਾਈ ਦੁੱਖ ਵਿਚ ਸੜਦੀ ਰਹਿੰਦੀ ਹੈ । ਪਰ ਇਹ ਸਮਝ ਪੂਰੇ ਗੁਰੂ ਨੇ (ਕਿਸੇ ਵਿਰਲੇ ਨੂੰ) ਬਖ਼ਸ਼ੀ ਹੈ ।੨।

ਜਿਸ ਮਨੁੱਖ ਦਾ ਮਨ ਹਰ ਵੇਲੇ ਮਾਇਆ ਦੇ ਮੋਹ ਵਿਚ ਭਟਕਦਾ ਹੈ ਉਹ ਮੋਹ ਦੀਆਂ ਸੱਟਾਂ ਖਾਂਦਾ ਰਹਿੰਦਾ ਹੈ, ਇਸ ਮਨੁੱਖਾ ਜੀਵਨ ਵਿਚ (ਸਿਮਰਨ ਵਲੋਂ) ਖੁੰਝਿਆ ਹੋਇਆ ਫਿਰ ਆਤਮਕ ਆਨੰਦ ਦੀ ਥਾਂ ਨਹੀਂ ਪ੍ਰਾਪਤ ਕਰ ਸਕਦਾ । ਜਨਮ ਮਰਨ ਦਾ ਗੇੜ (ਮਾਨੋ) ਗੰਦ ਦਾ ਘਰ ਹੈ, ਇਸ ਘਰ ਵਿਚ ਉਸ ਮਨੁੱਖ ਦਾ ਨਿਵਾਸ ਹੋਇਆ ਰਹਿੰਦਾ ਹੈ ਜੋ ਆਪਣੇ ਮਨ ਦੇ ਪਿੱਛੇ ਤੁਰਦਾ ਹੈ ।੩।

(ਹੇ ਭਾਈ!) ਮੈਂ ਆਪਣੇ ਸਤਿਗੁਰੂ ਤੋਂ ਸਦਾ ਸਦਕੇ ਜਾਂਦਾ ਹਾਂ । ਗੁਰੂ ਦੀ ਸਰਨ ਪੈਣ ਵਾਲੇ ਮਨੁੱਖ ਦੀ ਸੁਰਤਿ ਨੂੰ ਗੁਰੂ ਪਰਮਾਤਮਾ ਦੀ ਜੋਤਿ ਵਿਚ ਮਿਲਾ ਦੇਂਦਾ ਹੈ ।

ਹੇ ਨਾਨਕ! ਗੁਰੂ ਦੀ ਪਵਿਤ੍ਰ ਬਾਣੀ ਦੀ ਬਰਕਤਿ ਨਾਲ ਆਪਣੇ ਅਸਲ ਘਰ ਵਿਚ (ਪ੍ਰਭੂ-ਚਰਨਾਂ ਵਿਚ) ਟਿਕਾਣਾ ਮਿਲ ਜਾਂਦਾ ਹੈ, (ਗੁਰੂ ਦੀ ਮੇਹਰ ਨਾਲ ਮਨੁੱਖ) ਹਉਮੈ ਨੂੰ ਮੁਕਾ ਲੈਂਦਾ ਹੈ ਤੇ (ਮਾਇਆ ਦੇ ਮੋਹ ਵਲੋਂ) ਸਦਾ ਉਪਰਾਮ ਰਹਿੰਦਾ ਹੈ ।੪।੬।੪੫।

ਆਸਾ ਮਹਲਾ ੩ ॥ ਲਾਲੈ ਆਪਣੀ ਜਾਤਿ ਗਵਾਈ ॥ ਤਨੁ ਮਨੁ ਅਰਪੇ ਸਤਿਗੁਰ ਸਰਣਾਈ ॥ ਹਿਰਦੈ ਨਾਮੁ ਵਡੀ ਵਡਿਆਈ ॥ ਸਦਾ ਪ੍ਰੀਤਮੁ ਪ੍ਰਭੁ ਹੋਇ ਸਖਾਈ ॥੧॥ ਸੋ ਲਾਲਾ ਜੀਵਤੁ ਮਰੈ ॥ ਸੋਗੁ ਹਰਖੁ ਦੁਇ ਸਮ ਕਰਿ ਜਾਣੈ ਗੁਰ ਪਰਸਾਦੀ ਸਬਦਿ ਉਧਰੈ ॥੧॥ ਰਹਾਉ ॥ ਕਰਣੀ ਕਾਰ ਧੁਰਹੁ ਫੁਰਮਾਈ ॥ ਬਿਨੁ ਸਬਦੈ ਕੋ ਥਾਇ ਨ ਪਾਈ ॥ ਕਰਣੀ ਕੀਰਤਿ ਨਾਮੁ ਵਸਾਈ ॥ ਆਪੇ ਦੇਵੈ ਢਿਲ ਨ ਪਾਈ ॥੨॥ ਮਨਮੁਖਿ ਭਰਮਿ ਭੁਲੈ ਸੰਸਾਰੁ ॥ ਬਿਨੁ ਰਾਸੀ ਕੂੜਾ ਕਰੇ ਵਾਪਾਰੁ ॥ ਵਿਣੁ ਰਾਸੀ ਵਖਰੁ ਪਲੈ ਨ ਪਾਇ ॥ ਮਨਮੁਖਿ ਭੁਲਾ ਜਨਮੁ ਗਵਾਇ ॥੩॥ ਸਤਿਗੁਰੁ ਸੇਵੇ ਸੁ ਲਾਲਾ ਹੋਇ ॥ ਊਤਮ ਜਾਤੀ ਊਤਮੁ ਸੋਇ ॥ ਗੁਰ ਪਉੜੀ ਸਭ ਦੂ ਊਚਾ ਹੋਇ ॥ ਨਾਨਕ ਨਾਮਿ ਵਡਾਈ ਹੋਇ ॥੪॥੭॥੪੬॥ {ਪੰਨਾ 363}

ਪਦਅਰਥ:- ਲਾਲੈ—ਗ਼ੁਲਾਮ ਨੇ, ਦਾਸ ਨੇ, । ਜਾਤਿ—ਹਸਤੀ, ਹੋਂਦ । ਅਰਪੇ—ਅਰਪਿ, ਅਰਪ ਕੇ, ਹਵਾਲੇ ਕਰ ਕੇ । ਹਿਰਦੈ—ਹਿਰਦੇ ਵਿਚ । ਸਖਾਈ—ਮਿੱਤਰ ।੧।

ਸੋ ਲਾਲਾ—ਉਹ ਹੈ (ਅਸਲੀ) ਦਾਸ । ਜੀਵਤੁ ਮਰੈ—ਜੀਊਂਦਾ ਹੀ (ਜੀਵਨ ਦੀ ਵਾਸਨਾ ਵਲੋਂ) ਮਰਦਾ ਹੈ । ਸੋਗੁ—ਗ਼ਮੀ । ਹਰਖੁ—ਖ਼ੁਸ਼ੀ । ਦੁਇ—ਦੋਵੇਂ । ਸਮ—ਬਰਾਬਰ । ਪਰਸਾਦੀ—ਕਿਰਪਾ ਨਾਲ । ਉਧਰੈ—ਵਿਕਾਰਾਂ ਤੋਂ ਬਚਦਾ ਹੈ ।੧।ਰਹਾਉ।

ਕਰਣੀ—{krxIX} ਕਰਨ-ਜੋਗ । ਧੁਰਹੁ—ਆਪਣੀ ਹਜ਼ੂਰੀ ਤੋਂ । ਕੋ—ਕੋਈ ਮਨੁੱਖ । ਥਾਇ ਨ ਪਾਈ—ਕਬੂਲ ਨਹੀਂ ਹੁੰਦਾ । ਕੀਰਤਿ—ਸਿਫ਼ਤਿ-ਸਾਲਾਹ । ਵਸਾਈ—ਵਸਾਇ, ਵਸਾਂਦਾ ਹੈ । ਆਪੇ—(ਪ੍ਰਭੂ) ਆਪ ਹੀ ।੨।

ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਭਰਮਿ—ਭਟਕਣਾ ਵਿਚ । ਭੁਲੈ—ਕੁਰਾਹ ਪਿਆ ਰਹਿੰਦਾ ਹੈ । ਰਾਸੀ—ਰਾਸਿ, ਪੂੰਜੀ, ਸਰਮਾਇਆ । ਕੂੜਾ—ਝੂਠਾ, ਠੱਗੀ ਦਾ । ਵਖਰੁ—ਸੌਦਾ । ਪਲੈ ਨ ਪਾਇ—ਹਾਸਲ ਨਹੀਂ ਕਰ ਸਕਦਾ ।੩।

ਊਤਮੁ—ਸ੍ਰੇਸ਼ਟ, ਉੱਚੇ ਜੀਵਨ ਵਾਲਾ । ਸੋਇ—ਉਹੀ (ਲਾਲਾ) । ਗੁਰ ਪਉੜੀ—ਗੁਰੂ ਦੀ (ਦਿੱਤੀ ਹੋਈ ਸਿਮਰਨ-ਰੂਪ) ਪਉੜੀ (ਤੇ ਚੜ੍ਹ ਕੇ) । ਦੂ—ਤੋਂ । ਸਭਦੂ—ਸਭਨਾਂ ਨਾਲੋਂ । ਨਾਮਿ—ਨਾਮ ਦੀ ਰਾਹੀਂ ।੪।

ਅਰਥ:- (ਹੇ ਭਾਈ!) ਅਸਲੀ ਦਾਸ ਉਹ ਹੈ (ਅਸਲੀ ਵਿਕਿਆ ਹੋਇਆ ਉਹ ਮਨੁੱਖ ਹੈ) ਜੋ ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਦੁਨੀਆ ਦੀਆਂ ਵਾਸਨਾਂ ਵਲੋਂ ਮਰਿਆ ਹੋਇਆ ਹੈ । (ਅਜੇਹਾ ਦਾਸ) ਖ਼ੁਸ਼ੀ ਗ਼ਮੀ ਦੋਹਾਂ ਨੂੰ ਇਕੋ ਜਿਹਾ ਸਮਝਦਾ ਹੈ, ਤੇ ਗੁਰੂ ਦੀ ਕਿਰਪਾ ਨਾਲ ਉਹ ਗੁਰੂ ਦੇ ਸ਼ਬਦ ਵਿਚ ਜੁੜ ਕੇ (ਦੁਨੀਆ ਦੀਆਂ ਵਾਸਨਾਂ ਤੋਂ) ਬਚਿਆ ਰਹਿੰਦਾ ਹੈ ।੧।ਰਹਾਉ।

ਆਪਣਾ ਮਨ ਆਪਣਾ ਸਰੀਰ ਗੁਰੂ ਦੇ ਹਵਾਲੇ ਕਰ ਕੇ ਤੇ ਗੁਰੂ ਦੀ ਸਰਨ ਪੈ ਕੇ ਸੇਵਕ ਨੇ ਆਪਣੀ (ਵੱਖਰੀ) ਹਸਤੀ ਮਿਟਾ ਲਈ ਹੁੰਦੀ ਹੈ । ਜੇਹੜਾ ਪਰਮਾਤਮਾ ਸਭ ਦਾ ਪਿਆਰਾ ਹੈ ਤੇ ਸਭ ਦਾ ਸਾਥੀ-ਮਿੱਤਰ ਹੈ ਉਸ ਦਾ ਨਾਮ (ਪ੍ਰਭੂ ਤੋਂ ਵਿਕਿਆ ਹੋਇਆ) ਦਾਸ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ, ਇਹੀ ਉਸ ਦੇ ਵਾਸਤੇ ਸਭ ਤੋਂ ਵੱਡੀ ਇੱਜ਼ਤ ਹੈ ।੧।

ਪਰਮਾਤਮਾ ਨੇ ਆਪਣੇ ਦਾਸ ਨੂੰ ਸਿਮਰਨ ਦੀ ਹੀ ਕਰਨ-ਜੋਗ ਕਾਰ ਆਪਣੀ ਹਜ਼ੂਰੀ ਤੋਂ ਦੱਸੀ ਹੋਈ ਹੈ (ਪਰਮਾਤਮਾ ਨੇ ਉਸ ਨੂੰ ਹੁਕਮ ਕੀਤਾ ਹੋਇਆ ਹੈ ਕਿ) ਗੁਰੂ ਦੇ ਸ਼ਬਦ (ਵਿਚ ਜੁੜਨ) ਤੋਂ ਬਿਨਾ ਕੋਈ ਮਨੁੱਖ (ਉਸ ਦੇ ਦਰ ਤੇ) ਕਬੂਲ ਨਹੀਂ ਹੋ ਸਕਦਾ, ਇਸ ਵਾਸਤੇ ਸੇਵਕ ਉਸ ਦੀ ਸਿਫ਼ਤਿ-ਸਾਲਾਹ ਕਰਦਾ ਹੈ ਉਸ ਦਾ ਨਾਮ (ਆਪਣੇ ਮਨ ਵਿਚ) ਵਸਾਈ ਰੱਖਦਾ ਹੈ—ਇਹੀ ਉਸ ਦੇ ਵਾਸਤੇ ਕਰਨ-ਜੋਗ ਕਾਰ ਹੈ । (ਪਰ ਇਹ ਦਾਤਿ ਪ੍ਰਭੂ) ਆਪ ਹੀ (ਆਪਣੇ ਦਾਸ ਨੂੰ) ਦੇਂਦਾ ਹੈ (ਤੇ ਦੇਂਦਿਆਂ) ਚਿਰ ਨਹੀਂ ਲਾਂਦਾ ।੨।

ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਜਗਤ ਮਾਇਆ ਦੀ ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ (ਜਿਵੇਂ ਕੋਈ ਵਪਾਰੀ) ਸਰਮਾਏ ਤੋਂ ਬਿਨਾ ਠੱਗੀ ਦਾ ਹੀ ਵਪਾਰ ਕਰਦਾ ਹੈ । ਜਿਸ ਦੇ ਪਾਸ ਸਰਮਾਇਆ ਨਹੀਂ ਉਸ ਨੂੰ ਸੌਦਾ ਨਹੀਂ ਮਿਲ ਸਕਦਾ । (ਇਸੇ ਤਰ੍ਹਾਂ) ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਸਹੀ ਜੀਵਨ-ਰਾਹ ਤੋਂ) ਖੁੰਝਾ ਹੋਇਆ ਆਪਣੀ ਜ਼ਿੰਦਗੀ ਬਰਬਾਦ ਕਰਦਾ ਹੈ ।੩।

(ਪ੍ਰਭੂ ਦੇ ਦਰ ਤੇ ਵਿੱਕਿਆ ਹੋਇਆ ਅਸਲੀ) ਦਾਸ ਉਹੀ ਹੈ ਜੋ ਸਤਿਗੁਰੂ ਦੀ ਸਰਨ ਪੈਂਦਾ ਹੈ, ਉਹੀ ਉੱਚੀ ਹਸਤੀ ਵਾਲਾ ਬਣ ਜਾਂਦਾ ਹੈ ਉਹੀ ਉੱਚੇ ਜੀਵਨ ਵਾਲਾ ਹੋ ਜਾਂਦਾ ਹੈ, ਗੁਰੂ ਦੀ (ਦਿੱਤੀ ਹੋਈ ਨਾਮ-ਸਿਮਰਨ ਦੀ) ਪਉੜੀ ਦਾ ਆਸਰਾ ਲੈ ਕੇ ਉਹ ਸਭਨਾਂ ਨਾਲੋਂ ਉੱਚਾ ਹੋ ਜਾਂਦਾ ਹੈ । ਹੇ ਨਾਨਕ! ਪਰਮਾਤਮਾ ਦਾ ਨਾਮ ਸਿਮਰਨ ਵਿਚ ਹੀ ਇੱਜ਼ਤ ਹੈ ।੪।੭।੪੬।

ਆਸਾ ਮਹਲਾ ੩ ॥ ਮਨਮੁਖਿ ਝੂਠੋ ਝੂਠੁ ਕਮਾਵੈ ॥ ਖਸਮੈ ਕਾ ਮਹਲੁ ਕਦੇ ਨ ਪਾਵੈ ॥ ਦੂਜੈ ਲਗੀ ਭਰਮਿ ਭੁਲਾਵੈ ॥ ਮਮਤਾ ਬਾਧਾ ਆਵੈ ਜਾਵੈ ॥੧॥ ਦੋਹਾਗਣੀ ਕਾ ਮਨ ਦੇਖੁ ਸੀਗਾਰੁ ॥ ਪੁਤ੍ਰ ਕਲਤਿ ਧਨਿ ਮਾਇਆ ਚਿਤੁ ਲਾਏ ਝੂਠੁ ਮੋਹੁ ਪਾਖੰਡ ਵਿਕਾਰੁ ॥੧॥ ਰਹਾਉ ॥ ਸਦਾ ਸੋਹਾਗਣਿ ਜੋ ਪ੍ਰਭ ਭਾਵੈ ॥ ਗੁਰ ਸਬਦੀ ਸੀਗਾਰੁ ਬਣਾਵੈ ॥ ਸੇਜ ਸੁਖਾਲੀ ਅਨਦਿਨੁ ਹਰਿ ਰਾਵੈ ॥ ਮਿਲਿ ਪ੍ਰੀਤਮ ਸਦਾ ਸੁਖੁ ਪਾਵੈ ॥੨॥ ਸਾ ਸੋਹਾਗਣਿ ਸਾਚੀ ਜਿਸੁ ਸਾਚਿ ਪਿਆਰੁ ॥ ਅਪਣਾ ਪਿਰੁ ਰਾਖੈ ਸਦਾ

ਉਰ ਧਾਰਿ ॥ ਨੇੜੈ ਵੇਖੈ ਸਦਾ ਹਦੂਰਿ ॥ ਮੇਰਾ ਪ੍ਰਭੁ ਸਰਬ ਰਹਿਆ ਭਰਪੂਰਿ ॥੩॥ ਆਗੈ ਜਾਤਿ ਰੂਪੁ ਨ ਜਾਇ ॥ ਤੇਹਾ ਹੋਵੈ ਜੇਹੇ ਕਰਮ ਕਮਾਇ ॥ ਸਬਦੇ ਊਚੋ ਊਚਾ ਹੋਇ ॥ ਨਾਨਕ ਸਾਚਿ ਸਮਾਵੈ ਸੋਇ ॥੪॥੮॥੪੭॥ {ਪੰਨਾ 363}

ਪਦਅਰਥ:- ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ । ਝੂਠੋ ਝੂਠ—ਝੂਠ ਹੀ ਝੂਠ, ਉਹੀ ਕੰਮ ਜੋ ਬਿਲਕੁਲ ਉਸ ਦੇ ਕੰਮ ਨਹੀਂ ਆ ਸਕਦਾ । ਦੂਜੇ—ਮਾਇਆ ਦੇ ਮੋਹ ਵਿਚ । ਭੁਲਾਵੈ—ਕੁਰਾਹੇ ਪਈ ਰਹਿੰਦੀ ਹੈ । ਮਮਤਾ ਬਾਧਾ—ਅਪਣੱਤ ਦੇ ਬੰਧਨਾਂ ਵਿਚ ਬੱਝਾ ਹੋਇਆ ।੧।

ਦੋਹਾਗਣੀ—ਮੰਦ-ਭਾਗਣ, ਖਸਮ ਦੀ ਛੱਡੀ ਹੋਈ । ਮਨ—ਹੇ ਮਨ! ਕਲਤਿ—ਇਸਤ੍ਰੀ (ਦੇ ਮੋਹ) ਵਿਚ । ਧਨਿ—ਧਨ ਵਿਚ ।੧।ਰਹਾਉ।

ਪ੍ਰਭ ਭਾਵੈ—ਪ੍ਰਭੂ ਨੂੰ ਪਿਆਰੀ ਲੱਗਦੀ ਹੈ । ਸੇਜ—ਹਿਰਦਾ-ਸੇਜ । ਸੁਖਾਲੀ—ਸੁਖੀ । ਅਨਦਿਨੁ—ਹਰ ਰੋਜ਼, ਹਰ ਵੇਲੇ । ਮਿਲਿ—ਮਿਲ ਕੇ । ਮਿਲਿ ਪ੍ਰੀਤਮ—ਪ੍ਰੀਤਮ ਨੂੰ ਮਿਲ ਕੇ ।੨।

ਸਾਚੀ—ਸਦਾ-ਥਿਰ ਰਹਿਣ ਵਾਲੀ, ਸਦਾ ਲਈ । ਜਿਸੁ ਪਿਆਰੁ—ਜਿਸ ਦਾ ਪਿਆਰ । ਸਾਚਿ—ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ । ਉਰ—ਹਿਰਦਾ । ਉਰ ਧਾਰਿ—ਹਿਰਦੇ ਵਿਚ ਟਿਕਾ ਕੇ ।੩।

ਆਗੈ—ਪਰਲੋਕ ਵਿਚ । ਨ ਜਾਇ—ਨਹੀਂ ਜਾਂਦਾ ।੪।

ਅਰਥ:- ਹੇ ਮਨ! (ਖਸਮ ਦੀ ਛੱਡੀ ਹੋਈ) ਮੰਦ-ਕਰਮਣ ਇਸਤ੍ਰੀ ਦਾ ਸਿੰਗਾਰ ਵੇਖ, ਨਿਰਾ ਪਖੰਡ ਹੈ ਨਿਰਾ ਵਿਕਾਰ ਹੈ । (ਇਸੇ ਤਰ੍ਹਾਂ) ਜੇਹੜਾ ਮਨੁੱਖ ਪੁੱਤਰਾਂ ਵਿਚ ਇਸਤ੍ਰੀ ਵਿਚ ਧਨ ਵਿਚ ਮਾਇਆ ਵਿਚ ਚਿੱਤ ਜੋੜਦਾ ਹੈ ਉਸ ਦਾ ਇਹ ਸਾਰਾ ਮੋਹ ਵਿਅਰਥ ਹੈ ।੧।ਰਹਾਉ।

ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ ਸਦਾ ਉਹੀ ਕੁਝ ਕਰਦੀ ਹੈ ਜੋ ਉਸ ਦੇ (ਆਤਮਕ ਜੀਵਨ ਦੇ) ਕਿਸੇ ਕੰਮ ਨਹੀਂ ਆ ਸਕਦਾ, (ਉਹਨਾਂ ਉੱਦਮਾਂ ਨਾਲ ਉਹ ਜੀਵ-ਇਸਤ੍ਰੀ) ਖਸਮ-ਪ੍ਰਭੂ ਦਾ ਟਿਕਾਣਾ ਕਦੇ ਭੀ ਨਹੀਂ ਲੱਭ ਸਕਦੀ, ਮਾਇਆ ਦੇ ਮੋਹ ਵਿਚ ਫਸੀ ਹੋਈ ਮਾਇਆ ਦੀ ਭਟਕਣਾ ਵਿਚ ਪੈ ਕੇ ਉਹ ਕੁਰਾਹੇ ਪਈ ਰਹਿੰਦੀ ਹੈ । (ਹੇ ਮਨ!) ਅਪਣੱਤ ਦੇ ਬੰਧਨਾਂ ਵਿਚ ਬੱਝਾ ਹੋਇਆ ਜਗਤ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ ।੧।

ਜੇਹੜੀ ਜੀਵ-ਇਸਤ੍ਰੀ ਪ੍ਰਭੂ-ਪਤੀ ਨੂੰ ਪਿਆਰੀ ਲੱਗਦੀ ਹੈ ਉਹ ਸਦਾ ਚੰਗੇ ਭਾਗਾਂ ਵਾਲੀ ਹੈ ਉਹ ਗੁਰੂ ਦੇ ਸ਼ਬਦ ਦੀ ਰਾਹੀਂ (ਪ੍ਰਭੂ-ਮਿਲਾਪ ਨੂੰ ਆਪਣਾ ਆਤਮਕ) ਸੋਹਜ ਬਣਾਂਦੀ ਹੈ, ਉਸ ਦੇ ਹਿਰਦੇ ਦੀ ਸੇਜ ਸੁਖਦਾਈ ਹੋ ਜਾਂਦੀ ਹੈ ਕਿਉਂਕਿ ਉਹ ਹਰ ਵੇਲੇ ਪ੍ਰਭੂ-ਪਤੀ ਦਾ ਮਿਲਾਪ ਮਾਣਦੀ ਹੈ, ਪ੍ਰਭੂ ਪ੍ਰੀਤਮ ਨੂੰ ਮਿਲ ਕੇ ਉਹ ਸਦਾ ਆਤਮਕ ਆਨੰਦ ਮਾਣਦੀ ਹੈ ।੨।

(ਹੇ ਮਨ!) ਜਿਸ ਜੀਵ-ਇਸਤ੍ਰੀ ਦਾ ਪਿਆਰ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਪੈ ਜਾਂਦਾ ਹੈ ਉਹ ਸਦਾ ਲਈ ਚੰਗੇ ਭਾਗਾਂ ਵਾਲੀ ਬਣ ਜਾਂਦੀ ਹੈ, ਉਹ ਆਪਣੇ ਪਤੀ-ਪ੍ਰਭੂ ਨੂੰ ਹਮੇਸ਼ਾ ਆਪਣੇ ਹਿਰਦੇ ਵਿਚ ਟਿਕਾਈ ਰੱਖਦੀ ਹੈ, ਉਹ ਪ੍ਰਭੂ ਨੂੰ ਸਦਾ ਆਪਣੇ ਨੇੜੇ ਆਪਣੇ ਅੰਗ-ਸੰਗ ਵੇਖਦੀ ਹੈ, ਉਸ ਨੂੰ ਪਿਆਰਾ ਪ੍ਰਭੂ ਸਭਨਾਂ ਵਿਚ ਵਿਆਪਕ ਦਿੱਸਦਾ ਹੈ ।੩।

(ਹੇ ਮਨ! ਉੱਚੀ ਜਾਤਿ ਤੇ ਸੋਹਣੇ ਰੂਪ ਦਾ ਕੀਹ ਮਾਣ?) ਪਰਲੋਕ ਵਿਚ ਨਾਹ ਇਹ (ਉੱਚੀ) ਜਾਤਿ ਜਾਂਦੀ ਹੈ ਨਾਹ ਇਹ (ਸੋਹਣਾ) ਰੂਪ ਜਾਂਦਾ ਹੈ । (ਇਸ ਲੋਕ ਵਿਚ ਮਨੁੱਖ) ਜਿਹੋ ਜਿਹੇ ਕਰਮ ਕਰਦਾ ਹੈ ਉਹੋ ਜਿਹਾ ਉਸ

ਦਾ ਜੀਵਨ ਬਣ ਜਾਂਦਾ ਹੈ (ਬੱਸ! ਇਹੀ ਹੈ ਮਨੁੱਖ ਦੀ ਜਾਤਿ ਤੇ ਇਹੀ ਹੈ ਮਨੁੱਖ ਦਾ ਰੂਪ) ।

ਹੇ ਨਾਨਕ! (ਜਿਉਂ ਜਿਉਂ ਮਨੁੱਖ) ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਆਤਮਕ ਜੀਵਨ ਵਿਚ) ਹੋਰ ਉੱਚਾ ਹੋਰ ਉੱਚਾ ਹੁੰਦਾ ਜਾਂਦਾ ਹੈ ਤਿਉਂ ਤਿਉਂ ਉਹ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਹੁੰਦਾ ਜਾਂਦਾ ਹੈ ।੪।੮।੪੭।

ਆਸਾ ਮਹਲਾ ੩ ॥ ਭਗਤਿ ਰਤਾ ਜਨੁ ਸਹਜਿ ਸੁਭਾਇ ॥ ਗੁਰ ਕੈ ਭੈ ਸਾਚੈ ਸਾਚਿ ਸਮਾਇ ॥ ਬਿਨੁ ਗੁਰ ਪੂਰੇ ਭਗਤਿ ਨ ਹੋਇ ॥ ਮਨਮੁਖ ਰੁੰਨੇ ਅਪਨੀ ਪਤਿ ਖੋਇ ॥੧॥ ਮੇਰੇ ਮਨ ਹਰਿ ਜਪਿ ਸਦਾ ਧਿਆਇ ॥ ਸਦਾ ਅਨੰਦੁ ਹੋਵੈ ਦਿਨੁ ਰਾਤੀ ਜੋ ਇਛੈ ਸੋਈ ਫਲੁ ਪਾਇ ॥੧॥ ਰਹਾਉ ॥ ਗੁਰ ਪੂਰੇ ਤੇ ਪੂਰਾ ਪਾਏ ॥ ਹਿਰਦੈ ਸਬਦੁ ਸਚੁ ਨਾਮੁ ਵਸਾਏ ॥ ਅੰਤਰੁ ਨਿਰਮਲੁ ਅੰਮ੍ਰਿਤ ਸਰਿ ਨਾਏ ॥ ਸਦਾ ਸੂਚੇ ਸਾਚਿ ਸਮਾਏ ॥੨॥ ਹਰਿ ਪ੍ਰਭੁ ਵੇਖੈ ਸਦਾ ਹਜੂਰਿ ॥ ਗੁਰ ਪਰਸਾਦਿ ਰਹਿਆ ਭਰਪੂਰਿ ॥ ਜਹਾ ਜਾਉ ਤਹ ਵੇਖਾ ਸੋਇ ॥ ਗੁਰ ਬਿਨੁ ਦਾਤਾ ਅਵਰੁ ਨ ਕੋਇ ॥੩॥ ਗੁਰੁ ਸਾਗਰੁ ਪੂਰਾ ਭੰਡਾਰ ॥ ਊਤਮ ਰਤਨ ਜਵਾਹਰ ਅਪਾਰ ॥ ਗੁਰ ਪਰਸਾਦੀ ਦੇਵਣਹਾਰੁ ॥ ਨਾਨਕ ਬਖਸੇ ਬਖਸਣਹਾਰੁ ॥੪॥੯॥੪੮॥ {ਪੰਨਾ 363}

ਪਦਅਰਥ:- ਰਤਾ—ਰੱਤਾ, ਰੰਗਿਆ ਹੋਇਆ । ਸਹਜਿ—ਆਤਮਕ ਅਡੋਲਤਾ ਵਿਚ । ਸੁਭਾਇ—ਪ੍ਰੇਮ ਵਿਚ । ਭੈ—ਭਉ ਦੀ ਰਾਹੀਂ । ਭਉ—ਡਰ, ਅਦਬ । ਗੁਰ ਕੈ ਭੈ—ਗੁਰੂ ਦੇ ਅਦਬ ਦੀ ਰਾਹੀਂ । ਭੈ ਸਾਚੈ—ਸਦਾ-ਥਿਰ ਪ੍ਰਭੂ ਦੇ ਡਰ ਦੀ ਰਾਹੀਂ । ਸਾਚਿ—ਸਦਾ-ਥਿਰ ਪ੍ਰਭੂ ਵਿਚ । ਮਨਮੁਖ—ਆਪਣੇ ਮਨ ਦੇ ਪਿਛੇ ਤੁਰਨ ਵਾਲੇ ਮਨੁੱਖ । ਖੋਇ—ਗਵਾ ਕੇ । ਪਤਿ—ਇੱਜ਼ਤ ।੧।

ਮਨ—ਹੇ ਮਨ! ਇਛੈ—ਇੱਛਾ ਕਰਦਾ ਹੈ ।੧।ਰਹਾਉ।

ਤੇ—ਤੋਂ, ਪਾਸੋਂ । ਪੂਰਾ—ਸਾਰੇ ਗੁਣਾਂ ਦਾ ਮਾਲਕ ਪ੍ਰਭੂ । ਹਿਰਦੈ—ਹਿਰਦੇ ਵਿਚ । ਸਚੁ—ਸਦਾ ਕਾਇਮ ਰਹਿਣ ਵਾਲਾ । ਅੰਤਰੁ—ਅੰਦਰਲਾ, ਹਿਰਦਾ, ਮਨ । ਅੰਮ੍ਰਿਤਸਰਿ—ਅੰਮ੍ਰਿਤ ਦੇ ਸਰੋਵਰ ਵਿਚ, ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੇ ਸਰੋਵਰ ਵਿਚ । ਨਾਏ—ਨਾਇ, ਨ੍ਹਾਇ, ਨ੍ਹਾ ਕੇ । ਸੂਚੇ—ਪਵਿਤ੍ਰ ।੨।

ਹਜੂਰਿ—ਹਾਜ਼ਰ-ਨਾਜ਼ਰ, ਅੰਗ-ਸੰਗ । ਪਰਸਾਦਿ—ਕਿਰਪਾ ਨਾਲ । ਜਾਉ—ਮੈਂ ਜਾਂਦਾ ਹਾਂ । ਵੇਖਾ—ਵੇਖਾਂ, ਮੈਂ ਵੇਖਦਾ ਹਾਂ ।੩।

ਸਾਗਰੁ—ਸਮੁੰਦਰ । ਪੂਰਾ—ਭਰਿਆ ਹੋਇਆ । ਭੰਡਾਰ—ਖ਼ਜ਼ਾਨੇ । ਅਪਾਰ—ਬੇਅੰਤ । ਪਰਸਾਦੀ—ਪਰਸਾਦਿ, ਕਿਰਪਾ ਦੀ ਰਾਹੀਂ । ਦੇਵਣਹਾਰੁ—ਦੇਣ ਦੀ ਸਮਰੱਥਾ ਵਾਲਾ ।੪।

ਅਰਥ:- ਹੇ ਮੇਰੇ ਮਨ! ਪਰਮਾਤਮਾ ਦੇ ਗੁਣ ਚੇਤੇ ਕਰ, ਸਦਾ ਪਰਮਾਤਮਾ ਦਾ ਧਿਆਨ ਧਰ । (ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਜਪਦਾ ਹੈ ਉਸ ਦੇ ਅੰਦਰ) ਦਿਨ ਰਾਤ ਸਦਾ ਆਤਮਕ ਚਾਉ ਬਣਿਆ ਰਹਿੰਦਾ ਹੈ, ਉਹ ਜਿਸ ਫਲ ਦੀ ਇੱਛਾ ਕਰਦਾ ਹੈ, ਉਹੀ ਫਲ ਹਾਸਲ ਕਰ ਲੈਂਦਾ ਹੈ ।੧।ਰਹਾਉ।

ਜੇਹੜਾ ਮਨੁੱਖ ਪਰਮਾਤਮਾ ਦੀ ਭਗਤੀ ਦੇ ਰੰਗ ਵਿਚ ਰੰਗਿਆ ਜਾਂਦਾ ਹੈ, ਉਹ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ ਉਹ ਪ੍ਰਭੂ ਦੇ ਪ੍ਰੇਮ ਵਿਚ ਮਗਨ ਰਹਿੰਦਾ ਹੈ, ਗੁਰੂ ਦੇ ਅਦਬ ਵਿਚ ਰਹਿ ਕੇ ਸਦਾ-ਥਿਰ ਪਰਮਾਤਮਾ ਦੇ ਡਰ ਵਿਚ ਰਹਿ ਕੇ ਉਹ ਸਦਾ-ਥਿਰ ਪਰਮਾਤਮਾ ਵਿਚ ਲੀਨ ਹੋ ਜਾਂਦਾ ਹੈ । (ਪਰ) ਪੂਰੇ ਗੁਰੂ

ਦੀ ਸਰਨ ਪੈਣ ਤੋਂ ਬਿਨਾ ਪਰਮਾਤਮਾ ਦੀ ਭਗਤੀ ਨਹੀਂ ਹੋ ਸਕਦੀ । ਜੇਹੜੇ ਮਨੁੱਖ (ਗੁਰੂ ਦਾ ਆਸਰਾ-ਪਰਨਾ ਛੱਡ ਕੇ) ਆਪਣੇ ਮਨ ਦੇ ਪਿਛੇ ਤੁਰਦੇ ਹਨ ਉਹ (ਅੰਤ) ਆਪਣੀ ਇੱਜ਼ਤ ਗਵਾ ਕੇ ਪਛੁਤਾਂਦੇ ਹਨ ।੧।

ਪੂਰੇ ਗੁਰੂ ਪਾਸੋਂ ਹੀ ਸਾਰੇ ਗੁਣਾਂ ਦਾ ਮਾਲਕ ਪਰਮਾਤਮਾ ਲੱਭਦਾ ਹੈ, (ਪੂਰੇ ਗੁਰੂ ਦੀ ਸਰਨ ਪੈਣ ਵਾਲਾ ਮਨੁੱਖ ਆਪਣੇ) ਹਿਰਦੇ ਵਿਚ ਗੁਰੂ ਦਾ ਸ਼ਬਦ ਵਸਾਂਦਾ ਹੈ, ਪ੍ਰਭੂ ਦਾ ਸਦਾ-ਥਿਰ ਨਾਮ ਵਸਾਂਦਾ ਹੈ, (ਜਿਉਂ ਜਿਉਂ) ਉਹ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੇ ਸਰੋਵਰ ਵਿਚ ਇਸ਼ਨਾਨ ਕਰਦਾ ਹੈ ਉਸ ਦਾ ਹਿਰਦਾ ਪਵਿਤ੍ਰ ਹੁੰਦਾ ਜਾਂਦਾ ਹੈ । (ਹੇ ਭਾਈ!) ਸਦਾ-ਥਿਰ ਰਹਿਣ ਵਾਲੇ ਪਰਮਾਤਮਾ (ਦੀ ਯਾਦ) ਵਿਚ ਲੀਨ ਹੋ ਕੇ ਮਨੁੱਖ ਸਦਾ ਲਈ ਪਵਿਤ੍ਰ ਹੋ ਜਾਂਦੇ ਹਨ ।੨।

(ਹੇ ਮੇਰੇ ਮਨ! ਜੇਹੜਾ ਮਨੁੱਖ) ਗੁਰੂ ਦੀ ਕਿਰਪਾ ਨਾਲ (ਪਰਮਾਤਮਾ ਦਾ ਨਾਮ ਜਪਦਾ ਹੈ ਉਹ) ਪਰਮਾਤਮਾ ਨੂੰ ਸਦਾ ਅੰਗ-ਸੰਗ ਵੱਸਦਾ ਵੇਖਦਾ ਹੈ, ਉਸ ਨੂੰ ਪਰਮਾਤਮਾ ਹਰ ਥਾਂ ਵਿਆਪਕ ਦਿੱਸਦਾ ਹੈ ।

(ਹੇ ਮੇਰੇ ਮਨ! ਮੇਰੇ ਤੇ ਭੀ ਗੁਰੂ ਨੇ ਮੇਹਰ ਕੀਤੀ ਹੈ, ਤੇ) ਮੈਂ ਜਿਧਰ ਜਾਂਦਾ ਹਾਂ ਉਸ ਪਰਮਾਤਮਾ ਨੂੰ ਹੀ ਵੇਖਦਾ ਹਾਂ । (ਪਰ) ਗੁਰੂ ਤੋਂ ਬਿਨਾ ਕੋਈ ਹੋਰ ਇਹ (ਉੱਚੀ) ਦਾਤਿ ਦੇਣ ਜੋਗਾ ਨਹੀਂ ਹੈ ।੩।

ਹੇ ਨਾਨਕ! ਗੁਰੂ ਸਮੁੰਦਰ ਹੈ ਜਿਸ ਵਿਚ ਪਰਮਾਤਮਾ ਤੇ ਸਿਫ਼ਤਿ-ਸਾਲਾਹ ਦੇ ਬੇਅੰਤ ਕੀਮਤੀ ਰਤਨ ਜਵਾਹਰ ਭਰੇ ਪਏ ਹਨ । ਜੀਵਾਂ ਦੀ ਬਖ਼ਸ਼ਸ਼ ਕਰਨ ਵਾਲਾ ਪਰਮਾਤਮਾ ਬਖ਼ਸ਼ਸ਼ ਕਰਦਾ ਹੈ ਤੇ ਗੁਰੂ ਦੀ ਕਿਰਪਾ ਦੀ ਰਾਹੀਂ ਉਹ ਪ੍ਰਭੂ-ਦਾਤਾਰ ਸਿਫ਼ਤਿ-ਸਾਲਾਹ ਦੇ ਕੀਮਤੀ ਰਤਨ ਜਵਾਹਰ ਦੇਂਦਾ ਹੈ ।੪।੯।੪੮।

ਆਸਾ ਮਹਲਾ ੩ ॥ ਗੁਰੁ ਸਾਇਰੁ ਸਤਿਗੁਰੁ ਸਚੁ ਸੋਇ ॥ ਪੂਰੈ ਭਾਗਿ ਗੁਰ ਸੇਵਾ ਹੋਇ ॥ ਸੋ ਬੂਝੈ ਜਿਸੁ ਆਪਿ ਬੁਝਾਏ ॥ ਗੁਰ ਪਰਸਾਦੀ ਸੇਵ ਕਰਾਏ ॥੧॥ ਗਿਆਨ ਰਤਨਿ ਸਭ ਸੋਝੀ ਹੋਇ ॥ ਗੁਰ ਪਰਸਾਦਿ ਅਗਿਆਨੁ ਬਿਨਾਸੈ ਅਨਦਿਨੁ ਜਾਗੈ ਵੇਖੈ ਸਚੁ ਸੋਇ ॥੧॥ ਰਹਾਉ ॥ ਮੋਹੁ ਗੁਮਾਨੁ ਗੁਰ ਸਬਦਿ ਜਲਾਏ ॥ ਪੂਰੇ ਗੁਰ ਤੇ ਸੋਝੀ ਪਾਏ ॥ ਅੰਤਰਿ ਮਹਲੁ ਗੁਰ ਸਬਦਿ ਪਛਾਣੈ ॥ ਆਵਣ ਜਾਣੁ ਰਹੈ ਥਿਰੁ ਨਾਮਿ ਸਮਾਣੇ ॥੨॥ ਜੰਮਣੁ ਮਰਣਾ ਹੈ ਸੰਸਾਰੁ ॥ ਮਨਮੁਖੁ ਅਚੇਤੁ ਮਾਇਆ ਮੋਹੁ ਗੁਬਾਰੁ ॥ ਪਰ ਨਿੰਦਾ ਬਹੁ ਕੂੜੁ ਕਮਾਵੈ ॥ ਵਿਸਟਾ ਕਾ ਕੀੜਾ ਵਿਸਟਾ ਮਾਹਿ ਸਮਾਵੈ ॥੩॥ ਸਤਸੰਗਤਿ ਮਿਲਿ ਸਭ ਸੋਝੀ ਪਾਏ ॥ ਗੁਰ ਕਾ ਸਬਦੁ ਹਰਿ ਭਗਤਿ ਦ੍ਰਿੜਾਏ ॥ ਭਾਣਾ ਮੰਨੇ ਸਦਾ ਸੁਖੁ ਹੋਇ ॥ ਨਾਨਕ ਸਚਿ ਸਮਾਵੈ ਸੋਇ ॥੪॥੧੦॥੪੯॥ {ਪੰਨਾ 364}

ਪਦਅਰਥ:- ਸਾਇਰੁ—ਸਾਗਰ, ਸਮੁੰਦਰ । ਸਚੁ—ਸਦਾ-ਥਿਰ ਰਹਿਣ ਵਾਲਾ ਪਰਮਾਤਮਾ । ਸੋਇ—ਉਹੀ । ਭਾਗਿ—ਕਿਸਮਤ ਨਾਲ । ਬੂਝੈ—ਸਮਝਦਾ ਹੈ । ਪਰਸਾਦੀ—ਪਰਸਾਦਿ, ਕਿਰਪਾ ਨਾਲ । ਸੇਵ—ਸੇਵਾ-ਭਗਤੀ ।੧।

ਰਤਨਿ—ਰਤਨ ਨਾਲ । ਗਿਆਨ ਰਤਨਿ—ਗਿਆਨ ਦੇ ਰਤਨ ਨਾਲ । ਬਿਨਾਸੈ—ਦੂਰ ਹੋ ਜਾਂਦਾ ਹੈ । ਅਨਦਿਨੁ—ਹਰ ਰੋਜ਼, ਹਰ ਵੇਲੇ ।੧।ਰਹਾਉ।

ਸਬਦਿ—ਸ਼ਬਦ ਦੀ ਰਾਹੀਂ । ਤੇ—ਤੋਂ, ਪਾਸੋਂ । ਅੰਤਰਿ—ਅੰਦਰ । ਮਹਲੁ—ਟਿਕਾਣਾ । ਰਹੈ—ਮੁੱਕ ਜਾਂਦਾ ਹੈ । ਨਾਮਿ—ਨਾਮ ਵਿਚ ।੨।

ਮਨਮੁਖੁ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਅਚੇਤੁ—ਗ਼ਾਫ਼ਿਲ । ਗੁਬਾਰੁ—ਹਨੇਰਾ ।੩।

ਮਿਲਿ—ਮਿਲ ਕੇ । ਦ੍ਰਿੜਾਏ—(ਹਿਰਦੇ ਵਿਚ) ਪੱਕੀ ਕਰ ਦੇਂਦਾ ਹੈ । ਸਚਿ—ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ ।੪।

ਅਰਥ:- (ਹੇ ਭਾਈ!) ਗੁਰੂ ਦੇ ਬਖ਼ਸ਼ੇ ਹੋਏ ਗਿਆਨ-ਰਤਨ ਦੀ ਬਰਕਤਿ ਨਾਲ (ਮਨੁੱਖ ਨੂੰ ਸਹੀ ਜੀਵਨ-ਜੁਗਤਿ ਬਾਰੇ) ਹਰੇਕ ਕਿਸਮ ਦੀ ਸਮਝ ਆ ਜਾਂਦੀ ਹੈ । ਗੁਰੂ ਦੀ ਕਿਰਪਾ ਨਾਲ (ਜਿਸ ਮਨੁੱਖ ਦਾ) ਅਗਿਆਨ ਦੂਰ ਹੋ ਜਾਂਦਾ ਹੈ ਉਹ ਹਰ ਵੇਲੇ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦਾ ਹੈ, ਉਹ (ਹਰ ਥਾਂ) ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ (ਹੀ) ਵੇਖਦਾ ਹੈ ।੧।ਰਹਾਉ।

(ਹੇ ਭਾਈ!) ਗੁਰੂ (ਗੁਣਾਂ ਦਾ) ਸਮੁੰਦਰ ਹੈ, ਗੁਰੂ ਉਸ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਰੂਪ ਹੈ, ਵੱਡੀ ਕਿਸਮਤਿ ਨਾਲ ਹੀ ਗੁਰੂ ਦੀ (ਦੱਸੀ) ਸੇਵਾ ਹੋ ਸਕਦੀ ਹੈ । (ਇਸ ਭੇਤ ਨੂੰ) ਉਹ ਮਨੁੱਖ ਸਮਝਦਾ ਹੈ ਜਿਸ ਨੂੰ (ਪਰਮਾਤਮਾ) ਆਪ ਸਮਝਾਂਦਾ ਹੈ, ਤੇ (ਉਸ ਪਾਸੋਂ) ਗੁਰੂ ਦੀ ਕਿਰਪਾ ਨਾਲ (ਆਪਣੀ) ਸੇਵਾ-ਭਗਤੀ ਕਰਾਂਦਾ ਹੈ ।੧।

(ਹੇ ਭਾਈ!) ਜੇਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਆਪਣੇ ਅੰਦਰੋਂ) ਮੋਹ ਅਤੇ ਅਹੰਕਾਰ ਸਾੜ ਦੇਂਦਾ ਹੈ, ਜੇਹੜਾ ਮਨੁੱਖ ਪੂਰੇ ਗੁਰੂ ਪਾਸੋਂ (ਸਹੀ ਜੀਵਨ-ਜੁਗਤਿ) ਸਮਝ ਲੈਂਦਾ ਹੈ, ਉਹ ਗੁਰੂ ਦੇ ਸ਼ਬਦ ਦੀ ਰਾਹੀਂ ਆਪਣੇ ਅੰਦਰ (ਵੱਸਦੇ ਪਰਮਾਤਮਾ ਦਾ) ਟਿਕਾਣਾ ਪਛਾਣ ਲੈਂਦਾ ਹੈ; ਉਸ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ ਉਹ ਪਰਮਾਤਮਾ ਦੇ ਨਾਮ ਵਿਚ ਟਿਕਿਆ ਰਹਿੰਦਾ ਹੈ ਤੇ ਅਡੋਲ-ਚਿੱਤ ਹੋ ਜਾਂਦਾ ਹੈ ।੨।

(ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਵਾਸਤੇ) ਜਗਤ ਜਨਮ ਮਰਨ (ਦਾ ਗੇੜ ਹੀ) ਹੈ । ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਪਰਮਾਤਮਾ ਦੀ ਯਾਦ ਵਲੋਂ) ਗ਼ਾਫ਼ਿਲ ਰਹਿੰਦਾ ਹੈ, ਮਾਇਆ ਦਾ ਮੋਹ-ਰੂਪ ਘੁੱਪ ਹਨੇਰਾ (ਉਸ ਨੂੰ ਕੁਝ ਸੁੱਝਣ ਨਹੀਂ ਦੇਂਦਾ), ਉਹ ਸਦਾ ਪਰਾਈ ਨਿੰਦਾ ਕਰਦਾ ਰਹਿੰਦਾ ਹੈ, ਉਹ ਨਿਰਾ ਝੂਠ-ਫ਼ਰੇਬ ਹੀ ਕਮਾਂਦਾ

ਰਹਿੰਦਾ ਹੈ (ਪਰਾਈ ਨਿੰਦਾ ਕੂੜ-ਠੱਗੀ ਵਿਚ ਹੀ ਉਹ ਇਉਂ ਮਸਤ ਰਹਿੰਦਾ ਹੈ ਜਿਵੇਂ) ਗੰਦ ਦਾ ਕੀੜਾ ਗੰਦ ਵਿਚ ਹੀ ਟਿਕਿਆ ਰਹਿੰਦਾ ਹੈ (ਤੇ ਉਸ ਵਿਚੋਂ ਬਾਹਰ ਨਿਕਲਣਾ ਪਸੰਦ ਨਹੀਂ ਕਰਦਾ) ।੩।

ਹੇ ਨਾਨਕ! ਜੇਹੜਾ ਮਨੁੱਖ ਸਾਧ ਸੰਗਤ ਵਿਚ ਮਿਲ ਕੇ (ਸਹੀ ਜੀਵਨ ਦੀ) ਸਾਰੀ ਸੂਝ ਹਾਸਲ ਕਰਦਾ ਹੈ, ਜੇਹੜਾ ਗੁਰੂ ਦੇ ਸ਼ਬਦ ਨੂੰ (ਹਿਰਦੇ ਵਿਚ ਵਸਾ ਕੇ) ਪਰਮਾਤਮਾ ਦੀ ਭਗਤੀ ਨੂੰ (ਆਪਣੇ ਅੰਦਰ) ਪੱਕੀ ਤਰ੍ਹਾਂ ਟਿਕਾਂਦਾ ਹੈ, ਜੇਹੜਾ ਪਰਮਾਤਮਾ ਦੀ ਰਜ਼ਾ ਨੂੰ (ਮਿੱਠਾ ਕਰ ਕੇ) ਮੰਨਦਾ ਹੈ, ਉਸ ਨੂੰ ਸਦਾ ਆਤਮਕ ਆਨੰਦ ਮਿਲਿਆ ਰਹਿੰਦਾ ਹੈ, ਉਹ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਰਹਿੰਦਾ ਹੈ ।੪।੧੦।੪੯।

ਆਸਾ ਮਹਲਾ ੩ ਪੰਚਪਦੇ॰ ॥ ਸਬਦਿ ਮਰੈ ਤਿਸੁ ਸਦਾ ਅਨੰਦ ॥ ਸਤਿਗੁਰ ਭੇਟੇ ਗੁਰ ਗੋਬਿੰਦ ॥ ਨਾ ਫਿਰਿ ਮਰੈ ਨ ਆਵੈ ਜਾਇ ॥ ਪੂਰੇ ਗੁਰ ਤੇ ਸਾਚਿ ਸਮਾਇ ॥੧॥ ਜਿਨ੍ ਕਉ ਨਾਮੁ ਲਿਖਿਆ ਧੁਰਿ ਲੇਖੁ ॥ ਤੇ ਅਨਦਿਨੁ ਨਾਮੁ ਸਦਾ ਧਿਆਵਹਿ ਗੁਰ ਪੂਰੇ ਤੇ ਭਗਤਿ ਵਿਸੇਖੁ ॥੧॥ ਰਹਾਉ ॥ ਜਿਨ੍ ਕਉ ਹਰਿ ਪ੍ਰਭੁ ਲਏ ਮਿਲਾਇ ॥ ਤਿਨ੍ ਕੀ ਗਹਣ ਗਤਿ ਕਹੀ ਨ ਜਾਇ ॥ ਪੂਰੈ ਸਤਿਗੁਰ ਦਿਤੀ ਵਡਿਆਈ ॥ ਊਤਮ ਪਦਵੀ ਹਰਿ ਨਾਮਿ ਸਮਾਈ ॥੨॥ ਜੋ ਕਿਛੁ ਕਰੇ ਸੁ ਆਪੇ ਆਪਿ ॥ ਏਕ ਘੜੀ ਮਹਿ ਥਾਪਿ ਉਥਾਪਿ ॥ ਕਹਿ ਕਹਿ ਕਹਣਾ ਆਖਿ ਸੁਣਾਏ ॥ ਜੇ ਸਉ ਘਾਲੇ ਥਾਇ ਨ ਪਾਏ ॥੩॥ ਜਿਨ੍ ਕੈ ਪੋਤੈ ਪੁੰਨੁ ਤਿਨ੍ਾ ਗੁਰੂ ਮਿਲਾਏ ॥ ਸਚੁ ਬਾਣੀ ਗੁਰੁ ਸਬਦੁ ਸੁਣਾਏ ॥ ਜਹਾਂ

ਸਬਦੁ ਵਸੈ ਤਹਾਂ ਦੁਖੁ ਜਾਏ ॥ ਗਿਆਨਿ ਰਤਨਿ ਸਾਚੈ ਸਹਜਿ ਸਮਾਏ ॥੪॥ ਨਾਵੈ ਜੇਵਡੁ ਹੋਰੁ ਧਨੁ ਨਾਹੀ ਕੋਇ ॥ ਜਿਸ ਨੋ ਬਖਸੇ ਸਾਚਾ ਸੋਇ ॥ ਪੂਰੈ ਸਬਦਿ ਮੰਨਿ ਵਸਾਏ ॥ ਨਾਨਕ ਨਾਮਿ ਰਤੇ ਸੁਖੁ ਪਾਏ ॥੫॥੧੧॥੫੦॥ {ਪੰਨਾ 364}

ਨੋਟ:- ਪੰਚ ਪਦਾ—ਉਹ ਸ਼ਬਦ ਜਿਸ ਵਿਚ ਪੰਜ ਬੰਦ ਹੋਣ । ਪੰਚ ਪਦੇ—{ਬਹੁ-ਵਚਨ} । ਲਫ਼ਜ਼ 'ਪੰਜ ਪਦੇ' ਦੇ ਹੇਠ ਅੰਕ ੨ ਦਾ ਭਾਵ ਇਹ ਹੈ ਕਿ ਨੰ: ੧੧ ਅਤੇ ੧੨ ਦੋ ਸ਼ਬਦ ਪੰਚ ਪਦੇ ਹਨ ।

ਪਦਅਰਥ:- ਸਤਿਗੁਰ ਭੇਟੇ—ਗੁਰੂ ਨੂੰ ਮਿਲਦਾ ਹੈ । ਤੇ—ਤੋਂ । ਸਾਚਿ—ਸਦਾ-ਥਿਰ ਪ੍ਰਭੂ ਵਿਚ ।੧।

ਧੁਰਿ—ਪ੍ਰਭੂ ਦੀ ਹਜ਼ੂਰੀ ਤੋਂ । ਤੇ—ਉਹ ਬੰਦੇ । ਵਿਸੇਖੁ—ਮੱਥੇ ਉਤੇ ਕੇਸਰ ਆਦਿਕ ਦਾ ਟਿੱਕਾ ।੧।ਰਹਾਉ।

ਗਹਣ—ਡੂੰਘੀ । ਗਤਿ—ਆਤਮਕ ਅਵਸਥਾ । ਪੂਰੈ ਸਤਿਗੁਰ—ਗੁਰ ਪੂਰੇ ਨੇ । ਨਾਮਿ—ਨਾਮ ਵਿਚ ।੨।

ਥਾਪਿ—ਥਾਪ ਕੇ, ਬਣਾ ਕੇ । ਉਥਾਪਿ—ਉਥਾਪੇ, ਨਾਸ ਕਰਦਾ ਹੈ । ਕਹਿ ਕਹਿ ਕਹਣਾ—ਮੁੜ ਮੁੜ ਆਖਣਾ ।੩।

ਪੋਤੈ—ਖ਼ਜ਼ਾਨੇ ਵਿਚ । ਸਚੁ—ਸਦਾ-ਥਿਰ ਪ੍ਰਭੂ । ਗਿਆਨਿ—ਗਿਆਨ ਦੀ ਰਾਹੀਂ । ਰਤਨਿ—ਰਤਨ ਦੀ ਰਾਹੀਂ ।੪।

ਨਾਵੈ ਜੇਵਡੁ—ਨਾਮ ਦੇ ਬਰਾਬਰ । ਸਾਚਾ—ਸਦਾ-ਥਿਰ ਪ੍ਰਭੂ । ਮੰਨਿ—ਮਨਿ, ਮਨ ਵਿਚ ।੫।

ਅਰਥ:- (ਹੇ ਭਾਈ! ਪਿਛਲੇ ਕੀਤੇ ਕਰਮਾਂ ਅਨੁਸਾਰ ਪਰਮਾਤਮਾ ਨੇ) ਜਿਨ੍ਹਾਂ ਦੇ ਮੱਥੇ ਤੇ ਨਾਮ-ਸਿਮਰਨ ਦਾ ਲੇਖ ਲਿਖ ਦਿੱਤਾ, ਉਹ ਮਨੁੱਖ ਹਰ ਵੇਲੇ, ਸਦਾ ਹੀ ਨਾਮ ਸਿਮਰਦੇ ਹਨ, ਪੂਰੇ ਗੁਰੂ ਪਾਸੋਂ ਉਹਨਾਂ ਨੂੰ ਪ੍ਰਭੂ-ਭਗਤੀ ਦਾ ਟਿੱਕਾ (ਮੱਥੇ ਉਤੇ) ਮਿਲਦਾ ਹੈ ।੧।ਰਹਾਉ।

ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ (ਮਾਇਆ ਦੇ ਮੋਹ ਵਲੋਂ) ਮਰਦਾ ਹੈ ਉਸ ਨੂੰ ਸਦਾ ਆਤਮਕ ਆਨੰਦ ਮਿਲਦਾ ਹੈ । ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਪਰਮਾਤਮਾ ਦਾ ਆਸਰਾ ਲੈਂਦਾ ਹੈ ਉਹ ਮੁੜ ਆਤਮਕ ਮੌਤੇ ਨਹੀਂ ਮਰਦਾ, ਉਹ ਮੁੜ ਮੁੜ ਜੰਮਦਾ ਮਰਦਾ ਨਹੀਂ । ਪੂਰੇ ਗੁਰੂ ਦੀ ਕਿਰਪਾ ਨਾਲ ਉਹ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਰਹਿੰਦਾ ਹੈ ।੧।

(ਹੇ ਭਾਈ!) ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ ਉਹਨਾਂ ਦੀ ਡੂੰਘੀ ਆਤਮਕ ਅਵਸਥਾ ਬਿਆਨ ਨਹੀਂ ਕੀਤੀ ਜਾ ਸਕਦੀ । ਜਿਨ੍ਹਾਂ ਨੂੰ ਪੂਰੇ ਗੁਰੂ ਨੇ (ਪ੍ਰਭੂ-ਚਰਨਾਂ ਵਿਚ ਜੁੜਨ ਦੀ ਇਹ) ਵਡਿਆਈ ਬਖ਼ਸ਼ੀ ਉਹਨਾਂ ਨੂੰ ਉੱਚੀ ਆਤਮਕ ਅਵਸਥਾ ਪ੍ਰਾਪਤ ਹੋ ਗਈ, ਪਰਮਾਤਮਾ ਦੇ ਨਾਮ ਵਿਚ ਉਹਨਾਂ ਦੀ ਹਰ ਵੇਲੇ ਲੀਨਤਾ ਹੋ ਗਈ ।੨।

'ਜੋ ਕੁਝ ਕਰਦਾ ਹੈ ਪਰਮਾਤਮਾ ਆਪੇ ਹੀ ਕਰਦਾ ਹੈ । ਪਰਮਾਤਮਾ ਇਕ ਘੜੀ ਵਿਚ ਪੈਦਾ ਕਰ ਕੇ ਤੁਰਤ ਨਾਸ ਭੀ ਕਰ ਸਕਦਾ ਹੈ'—ਜੇਹੜਾ ਮਨੁੱਖ ਮੁੜ ਮੁੜ ਇਹੀ ਆਖ ਕੇ ਲੋਕਾਂ ਨੂੰ ਸੁਣਾ ਦੇਂਦਾ ਹੈ (ਪਰ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਸਿਮਰਨ ਕਦੇ ਨਹੀਂ ਕਰਦਾ, ਅਜੇਹਾ ਮਨੁੱਖ) ਜੇ ਇਹੋ ਜਿਹੀ (ਨਿਰੀ ਹੋਰਨਾਂ ਨੂੰ ਕਹਣ ਦੀ) ਸੌ ਘਾਲਣਾ ਭੀ ਘਾਲੇ ਤਾਂ ਭੀ ਉਸ ਦੀ ਅਜੇਹੀ ਕੋਈ ਮੇਹਨਤ (ਪਰਮਾਤਮਾ ਦੇ ਦਰ ਤੇ) ਕਬੂਲ ਨਹੀਂ ਪੈਂਦੀ ।੩।

(ਪਿਛਲੇ ਕੀਤੇ ਕਰਮਾਂ ਅਨੁਸਾਰ) ਜਿਨ੍ਹਾਂ ਦੇ ਪੱਲੇ (ਸਿਮਰਨ ਦੇ) ਚੰਗੇ ਸੰਸਕਾਰ ਹਨ, ਉਹਨਾਂ ਨੂੰ ਪਰਮਾਤਮਾ

ਗੁਰੂ ਮਿਲਾਂਦਾ ਹੈ, ਗੁਰੂ ਉਹਨਾਂ ਨੂੰ ਸਿਫ਼ਤਿ-ਸਾਲਾਹ ਦੀ ਬਾਣੀ ਸੁਣਾਂਦਾ ਹੈ, ਸਦਾ-ਥਿਰ ਪ੍ਰਭੂ ਦਾ ਨਾਮ ਸੁਣਾਂਦਾ ਹੈ, ਸਿਫ਼ਤਿ-ਸਾਲਾਹ ਦਾ ਸ਼ਬਦ ਸੁਣਾਂਦਾ ਹੈ । (ਹੇ ਭਾਈ!) ਜਿਸ ਹਿਰਦੇ ਵਿਚ ਗੁਰੂ ਦਾ ਸ਼ਬਦ ਵੱਸਦਾ ਹੈ, ਉਥੋਂ ਹਰੇਕ ਕਿਸਮ ਦਾ ਦੁੱਖ ਦੂਰ ਹੋ ਜਾਂਦਾ ਹੈ । ਗੁਰੂ ਦੇ ਬਖ਼ਸ਼ੇ ਗਿਆਨ-ਰਤਨ ਦੀ ਬਰਕਤਿ ਨਾਲ ਮਨੁੱਖ ਸਦਾ-ਥਿਰ ਪਰਮਾਤਮਾ ਵਿਚ ਜੁੜਿਆ ਰਹਿੰਦਾ ਹੈ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ ।੪।

(ਹੇ ਭਾਈ!) ਪਰਮਾਤਮਾ ਦੇ ਨਾਮ ਦੇ ਬਰਾਬਰ ਦਾ ਹੋਰ ਕੋਈ ਧਨ ਨਹੀਂ ਹੈ (ਪਰ ਇਹ ਧਨ ਸਿਰਫ਼ ਉਸ ਮਨੁੱਖ ਨੂੰ ਮਿਲਦਾ ਹੈ) ਜਿਸ ਨੂੰ ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਆਪ ਬਖ਼ਸ਼ਦਾ ਹੈ, ਪੂਰੇ ਗੁਰੂ ਦੇ ਸ਼ਬਦ ਦੀ ਸਹਾਇਤਾ ਨਾਲ ਉਹ ਮਨੁੱਖ ਪਰਮਾਤਮਾ ਦਾ ਨਾਮ ਆਪਣੇ ਮਨ ਵਿਚ ਵਸਾਈ ਰੱਖਦਾ ਹੈ । ਹੇ ਨਾਨਕ! ਪਰਮਾਤਮਾ ਦੇ ਨਾਮ ਵਿਚ ਰੰਗੀਜ ਕੇ ਮਨੁੱਖ (ਸਦਾ) ਆਤਮਕ ਆਨੰਦ ਮਾਣਦਾ ਹੈ ।੫।੧੧।੫੦।

ਆਸਾ ਮਹਲਾ ੩ ॥ ਨਿਰਤਿ ਕਰੇ ਬਹੁ ਵਾਜੇ ਵਜਾਏ ॥ ਇਹੁ ਮਨੁ ਅੰਧਾ ਬੋਲਾ ਹੈ ਕਿਸੁ ਆਖਿ ਸੁਣਾਏ ॥ ਅੰਤਰਿ ਲੋਭੁ ਭਰਮੁ ਅਨਲ ਵਾਉ ॥ ਦੀਵਾ ਬਲੈ ਨ ਸੋਝੀ ਪਾਇ ॥੧॥ ਗੁਰਮੁਖਿ ਭਗਤਿ ਘਟਿ ਚਾਨਣੁ ਹੋਇ ॥ ਆਪੁ ਪਛਾਣਿ ਮਿਲੈ ਪ੍ਰਭੁ ਸੋਇ ॥੧॥ ਰਹਾਉ ॥ ਗੁਰਮੁਖਿ ਨਿਰਤਿ ਹਰਿ ਲਾਗੈ ਭਾਉ ॥ ਪੂਰੇ ਤਾਲ ਵਿਚਹੁ ਆਪੁ ਗਵਾਇ ॥ ਮੇਰਾ ਪ੍ਰਭੁ ਸਾਚਾ ਆਪੇ ਜਾਣੁ ॥ ਗੁਰ ਕੈ ਸਬਦਿ ਅੰਤਰਿ ਬ੍ਰਹਮੁ ਪਛਾਣੁ ॥੨॥ ਗੁਰਮੁਖਿ ਭਗਤਿ ਅੰਤਰਿ ਪ੍ਰੀਤਿ ਪਿਆਰੁ ॥ ਗੁਰ ਕਾ ਸਬਦੁ ਸਹਜਿ ਵੀਚਾਰੁ ॥ ਗੁਰਮੁਖਿ ਭਗਤਿ ਜੁਗਤਿ ਸਚੁ ਸੋਇ ॥ ਪਾਖੰਡਿ ਭਗਤਿ ਨਿਰਤਿ ਦੁਖੁ ਹੋਇ ॥੩॥ ਏਹਾ ਭਗਤਿ ਜਨੁ ਜੀਵਤ ਮਰੈ ॥ ਗੁਰ ਪਰਸਾਦੀ ਭਵਜਲੁ ਤਰੈ ॥ ਗੁਰ ਕੈ ਬਚਨਿ ਭਗਤਿ ਥਾਇ ਪਾਇ ॥ ਹਰਿ ਜੀਉ ਆਪਿ ਵਸੈ ਮਨਿ ਆਇ ॥੪॥ ਹਰਿ ਕ੍ਰਿਪਾ ਕਰੇ ਸਤਿਗੁਰੂ ਮਿਲਾਏ ॥ ਨਿਹਚਲ ਭਗਤਿ ਹਰਿ ਸਿਉ ਚਿਤੁ ਲਾਏ ॥ ਭਗਤਿ ਰਤੇ ਤਿਨ੍ ਸਚੀ ਸੋਇ ॥ ਨਾਨਕ ਨਾਮਿ ਰਤੇ ਸੁਖੁ ਹੋਇ ॥੫॥੧੨॥੫੧॥ {ਪੰਨਾ 364-365}

ਪਦਅਰਥ:- ਨਿਰਤਿ—ਨਾਚ । ਕਿਸੁ—ਕਿਸ ਨੂੰ? ਆਖਿ—ਆਖ ਕੇ । ਅਨਲ—{Anl} ਅੱਗ । ਵਾਉ—ਹਵਾ, ਝੱਖੜ ।੧।

ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਘਟਿ—ਹਿਰਦੇ ਵਿਚ । ਆਪੁ—ਆਪਣੇ ਆਪ ਨੂੰ, ਆਪਣੇ ਆਤਮਕ ਜੀਵਨ ਨੂੰ । ਪਛਾਣਿ—ਪਛਾਣੈ, ਪਛਾਣ ਲੈਂਦਾ ਹੈ ।੧।ਰਹਾਉ।

ਭਾਉ—ਪ੍ਰੇਮ । ਆਪੁ—ਆਪਾ-ਭਾਵ, ਹਉਮੈ । ਜਾਣੁ—ਜਾਣੂ । ਸਬਦਿ—ਸ਼ਬਦ ਦੀ ਰਾਹੀਂ । ਪਛਾਣੁ—ਪਛਾਣੂ ।੨।

ਸਹਜਿ—ਆਤਮਕ ਅਡੋਲਤਾ ਵਿਚ । ਸਚੁ—ਸਦਾ-ਥਿਰ ਰਹਿਣ ਵਾਲਾ ਪ੍ਰਭੂ । ਪਾਖੰਡਿ—ਪਖੰਡ ਨਾਲ ।੩।

ਪਰਸਾਦੀ—ਪਰਸਾਦਿ, ਕਿਰਪਾ ਨਾਲ । ਭਵਜਲੁ—ਸੰਸਾਰ-ਸਮੁੰਦਰ । ਥਾਇ ਪਾਇ—ਕਬੂਲ ਹੋ ਜਾਂਦੀ ਹੈ । ਥਾਇ—ਥਾਂ ਵਿਚ, ਲੇਖੇ ਵਿਚ । ਮਨਿ—ਮਨ ਵਿਚ ।੪।

ਨਿਹਚਲ—ਨਾਹ ਡੋਲਣ ਵਾਲੀ । ਸਿਉ—ਨਾਲ । ਸੋਇ—ਸੋਭਾ । ਸਚੀ—ਸਦਾ-ਥਿਰ । ਨਾਮਿ—ਨਾਮ ਵਿਚ ।੫।

ਅਰਥ:- (ਹੇ ਭਾਈ!) ਗੁਰੂ ਦੇ ਸਨਮੁਖ ਰਹਿ ਕੇ ਕੀਤੀ ਹੋਈ ਭਗਤੀ ਦੀ ਬਰਕਤਿ ਨਾਲ ਹਿਰਦੇ ਵਿਚ

(ਆਤਮਕ ਗਿਆਨ ਦਾ) ਚਾਨਣ ਹੋ ਜਾਂਦਾ ਹੈ । (ਇਸ ਭਗਤੀ ਨਾਲ ਮਨੁੱਖ) ਆਪਣੇ ਆਤਮਕ ਜੀਵਨ ਨੂੰ ਪਰਖਦਾ ਰਹਿੰਦਾ ਹੈ (ਤੇ ਮਨੁੱਖ ਨੂੰ) ਉਹ ਪ੍ਰਭੂ ਮਿਲ ਪੈਂਦਾ ਹੈ ।੧।ਰਹਾਉ।

(ਪਰ ਜਿਤਨਾ ਚਿਰ ਮਨੁੱਖ ਦਾ) ਇਹ ਆਪਣਾ ਮਨ (ਮਾਇਆ ਦੇ ਮੋਹ ਵਿਚ) ਅੰਨ੍ਹਾ ਤੇ ਬੋਲਾ ਹੋਇਆ ਪਿਆ ਹੈ (ਉਹ ਜੇ ਭਗਤੀ ਵਜੋਂ) ਨਾਚ ਕਰਦਾ ਹੈ ਤੇ ਕਈ ਸਾਜ ਭੀ ਵਜਾਂਦਾ ਹੈ ਤਾਂ ਭੀ ਉਹ ਕਿਸੇ ਨੂੰ ਭੀ ਆਖ ਕੇ ਨਹੀਂ ਸੁਣਾ ਰਿਹਾ (ਕਿਉਂਕਿ ਉਹ ਤਾਂ ਆਪ ਹੀ ਨਹੀਂ ਸੁਣ ਰਿਹਾ) । ਉਸ ਦੇ ਆਪਣੇ ਅੰਦਰ ਤ੍ਰਿਸ਼ਨਾ-ਅੱਗ ਬਲ ਰਹੀ ਹੈ ਭਟਕਣਾ (ਦਾ) ਝੱਖੜ ਝੁੱਲ ਰਿਹਾ ਹੈ (ਅਜੇਹੀ ਹਾਲਤ ਵਿਚ ਉਸ ਦੇ ਅੰਦਰ ਗਿਆਨ ਦਾ) ਦੀਵਾ ਨਹੀਂ ਜਗ ਸਕਦਾ, ਉਹ (ਸਹੀ ਜੀਵਨ ਦੀ) ਸਮਝ ਨਹੀਂ ਹਾਸਲ ਕਰ ਸਕਦਾ ।੧।

ਗੁਰੂ ਦੇ ਸਨਮੁਖ ਰਹਿਣਾ ਹੀ ਨਾਚ ਹੈ (ਇਸ ਤਰ੍ਹਾਂ) ਪਰਮਾਤਮਾ ਨਾਲ ਪਿਆਰ ਬਣਦਾ ਹੈ (ਇਸ ਤਰ੍ਹਾਂ ਮਨੁੱਖ ਆਪਣੇ) ਅੰਦਰੋਂ ਹਉਮੈ ਦੂਰ ਕਰਦਾ ਹੈ ਇਹੀ ਹੈ ਤਾਲ ਸਿਰ ਨਾਚ ਕਰਨਾ । (ਜੋ ਮਨੁੱਖ ਇਹ ਨਾਚ ਨੱਚਦਾ ਹੈ) ਸਦਾ-ਥਿਰ ਪ੍ਰਭੂ ਆਪ ਹੀ ਉਸ ਦਾ ਮਿੱਤਰ ਬਣ ਜਾਂਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਉਸ ਦੇ ਅੰਦਰ ਵੱਸਦਾ ਪ੍ਰਭੂ ਉਸ ਦਾ ਪਛਾਣੂ ਹੋ ਜਾਂਦਾ ਹੈ ।੨।

ਗੁਰੂ ਦੇ ਸਨਮੁਖ ਰਹਿ ਕੇ ਕੀਤੀ ਭਗਤੀ ਨਾਲ ਮਨੁੱਖ ਦੇ ਅੰਦਰ ਪ੍ਰੀਤਿ ਪੈਦਾ ਹੁੰਦੀ ਹੈ ਪਿਆਰ ਪੈਦਾ ਹੁੰਦਾ ਹੈ । ਗੁਰੂ ਦਾ ਸ਼ਬਦ ਮਨੁੱਖ ਨੂੰ ਆਤਮਕ ਅਡੋਲਤਾ ਵਿਚ ਲੈ ਜਾਂਦਾ ਹੈ (ਪ੍ਰਭੂ ਦੇ ਗੁਣਾਂ ਦਾ) ਵਿਚਾਰ ਬਖ਼ਸ਼ਦਾ ਹੈ । ਗੁਰੂ ਦੇ ਸਨਮੁਖ ਰਹਿ ਕੇ ਕੀਤੀ ਹੋਈ ਭਗਤੀ ਹੀ (ਸਹੀ) ਤਰੀਕਾ ਹੈ (ਜਿਸ ਨਾਲ) ਉਹ ਪਰਮਾਤਮਾ ਮਿਲਦਾ ਹੈ । ਵਿਖਾਵੇ ਦੀ ਭਗਤੀ ਦੇ ਨਾਚ ਦੀ ਰਾਹੀਂ ਦੁੱਖ ਹੁੰਦਾ ਹੈ ।੩।

ਅਸਲ ਭਗਤੀ ਇਹੀ ਹੈ ਕਿ (ਜਿਸ ਦੀ ਬਰਕਤਿ ਨਾਲ) ਮਨੁੱਖ ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਹੀ ਮਾਇਆ ਦੇ ਮੋਹ ਵਲੋਂ ਅਛੋਹ ਹੋ ਜਾਂਦਾ ਹੈ, ਤੇ ਗੁਰੂ ਦੀ ਕਿਰਪਾ ਨਾਲ ਸੰਸਾਰ-ਸਮੁੰਦਰ (ਦੀਆਂ ਵਿਕਾਰਾਂ ਦੀਆਂ ਲਹਿਰਾਂ) ਤੋਂ ਪਾਰ ਲੰਘ ਜਾਂਦਾ ਹੈ । ਗੁਰੂ ਦੇ ਉਪਦੇਸ਼ ਅਨੁਸਾਰ ਕੀਤੀ ਹੋਈ ਭਗਤੀ (ਪ੍ਰਭੂ ਦੇ ਦਰ ਤੇ) ਪਰਵਾਨ ਹੁੰਦੀ ਹੈ, ਪ੍ਰਭੂ ਆਪ ਹੀ ਮਨੁੱਖ ਦੇ ਮਨ ਵਿਚ ਆ ਵੱਸਦਾ ਹੈ ।੪।

(ਪਰ ਜੀਵ ਦੇ ਕੀਹ ਵੱਸ? ਜਿਸ ਮਨੁੱਖ ਉਤੇ) ਪਰਮਾਤਮਾ ਮੇਹਰ ਕਰਦਾ ਹੈ ਉਸ ਨੂੰ ਗੁਰੂ ਮਿਲਾਂਦਾ ਹੈ (ਗੁਰੂ ਦੀ ਸਹਾਇਤਾ ਨਾਲ) ਉਹ ਨਾਹ ਡੋਲਣ ਵਾਲੀ ਭਗਤੀ ਕਰਦਾ ਹੈ ਤੇ ਪਰਮਾਤਮਾ ਨਾਲ ਆਪਣਾ ਚਿੱਤ ਜੋੜੀ ਰੱਖਦਾ ਹੈ ।

ਹੇ ਨਾਨਕ! ਜੇਹੜੇ ਮਨੁੱਖ (ਪਰਮਾਤਮਾ ਦੀ) ਭਗਤੀ (ਦੇ ਰੰਗ) ਵਿਚ ਰੰਗੇ ਜਾਂਦੇ ਹਨ ਉਹਨਾਂ ਨੂੰ ਸਦਾ ਕਾਇਮ ਰਹਿਣ ਵਾਲੀ ਸੋਭਾ ਮਿਲਦੀ ਹੈ । ਪਰਮਾਤਮਾ ਦੇ ਨਾਮ-ਰੰਗ ਵਿੱਚ ਰੰਗੇ ਹੋਇਆਂ ਨੂੰ ਆਤਮਕ ਆਨੰਦ ਮਿਲਦਾ ਹੈ ।੫।੧੨।੫੧।

ਆਸਾ ਘਰੁ ੮ ਕਾਫੀ ਮਹਲਾ ੩ ੴ ਸਤਿਗੁਰ ਪ੍ਰਸਾਦਿ ॥ ਹਰਿ ਕੈ ਭਾਣੈ ਸਤਿਗੁਰੁ ਮਿਲੈ ਸਚੁ ਸੋਝੀ ਹੋਈ ॥ ਗੁਰ ਪਰਸਾਦੀ ਮਨਿ ਵਸੈ ਹਰਿ ਬੂਝੈ ਸੋਈ ॥੧॥ ਮੈ ਸਹੁ ਦਾਤਾ ਏਕੁ ਹੈ ਅਵਰੁ ਨਾਹੀ ਕੋਈ ॥ ਗੁਰ ਕਿਰਪਾ ਤੇ ਮਨਿ ਵਸੈ ਤਾ ਸਦਾ ਸੁਖੁ ਹੋਈ ॥੧॥ ਰਹਾਉ ॥ ਇਸੁ ਜੁਗ ਮਹਿ ਨਿਰਭਉ ਹਰਿ ਨਾਮੁ ਹੈ ਪਾਈਐ ਗੁਰ ਵੀਚਾਰਿ ॥ ਬਿਨੁ ਨਾਵੈ ਜਮ ਕੈ ਵਸਿ ਹੈ ਮਨਮੁਖਿ ਅੰਧ ਗਵਾਰਿ ॥੨॥ ਹਰਿ ਕੈ ਭਾਣੈ ਜਨੁ ਸੇਵਾ ਕਰੈ ਬੂਝੈ ਸਚੁ ਸੋਈ ॥ ਹਰਿ ਕੈ ਭਾਣੈ ਸਾਲਾਹੀਐ ਭਾਣੈ

ਮੰਨਿਐ ਸੁਖੁ ਹੋਈ ॥੩॥ ਹਰਿ ਕੈ ਭਾਣੈ ਜਨਮੁ ਪਦਾਰਥੁ ਪਾਇਆ ਮਤਿ ਊਤਮ ਹੋਈ ॥ ਨਾਨਕ ਨਾਮੁ ਸਲਾਹਿ ਤੂੰ ਗੁਰਮੁਖਿ ਗਤਿ ਹੋਈ ॥੪॥੩੯॥੧੩॥੫੨॥ {ਪੰਨਾ 365}

ਨੋਟ:- ਇਹ ਸ਼ਬਦ—ਆਸਾ ਰਾਗ ਅਤੇ ਕਾਫੀ ਰਾਗ—ਦੋਹਾਂ ਮਿਲਵੇਂ ਰਾਗਾਂ ਵਿਚ ਗਾਏ ਜਾਣ ਦੀ ਹਦਾਇਤ ਹੈ।

ਪਦਅਰਥ:- ਭਾਣੈ—ਰਜ਼ਾ ਅਨੁਸਾਰ । ਸਚੁ—ਸਦਾ-ਥਿਰ ਪ੍ਰਭੂ । ਮਨਿ—ਮਨ ਵਿਚ । ਸੋਈ—ਉਹੀ ਮਨੁੱਖ ।੧।

ਮੈ—ਮੇਰਾ । ਸਹੁ—ਖਸਮ । ਦਾਤਾ—ਦਾਤਾਂ ਦੇਣ ਵਾਲਾ । ਤੇ—ਤੋਂ, ਨਾਲ ।੧।ਰਹਾਉ।

ਜੁਗ ਮਹਿ—ਜਗਤ ਵਿਚ, ਜੀਵਨ ਵਿਚ । ਵੀਚਾਰਿ—ਵਿਚਾਰ ਦੀ ਰਾਹੀਂ । ਵਸਿ—ਵੱਸ ਵਿਚ । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ । ਅੰਧ—ਮਾਇਆ ਦੇ ਮੋਹ ਵਿਚ ਅੰਨ੍ਹੀ ਹੋਈ ਜੀਵ-ਇਸਤ੍ਰੀ । ਗਵਾਰਿ—ਮੂਰਖ ਜੀਵ-ਇਸਤ੍ਰੀ ।੨।

ਹਰਿ ਕੈ ਭਾਣੈ—ਪਰਮਾਤਮਾ ਦੀ ਰਜ਼ਾ ਵਿਚ ਰਹਿ ਕੇ । ਸਾਲਾਹੀਐ—ਸਿਫ਼ਤਿ-ਸਾਲਾਹ ਕੀਤੀ ਜਾ ਸਕਦੀ ਹੈ । ਭਾਣੈ ਮੰਨਿਐ—ਜੇ ਪ੍ਰਭੂ ਦੇ ਹੁਕਮ ਵਿਚ ਤੁਰਿਆ ਜਾਏ ।੩।

ਮਤਿ—ਅਕਲ । ਗੁਰਮੁਖਿ—ਗੁਰੂ ਦੀ ਸਰਨ ਪਿਆਂ । ਗਤਿ—ਉੱਚੀ ਆਤਮਕ ਅਵਸਥਾ ।੪।

ਅਰਥ:- (ਹੇ ਭਾਈ!) ਇਕ ਪਰਮਾਤਮਾ ਹੀ ਮੇਰਾ ਖਸਮ-ਰਾਖਾ ਹੈ ਤੇ ਮੈਨੂੰ ਸਭ ਦਾਤਾਂ ਦੇਣ ਵਾਲਾ ਹੈ, ਉਸ ਤੋਂ ਬਿਨਾ ਮੇਰਾ ਹੋਰ ਕੋਈ ਨਹੀਂ ਹੈ । ਪਰ ਗੁਰੂ ਦੀ ਮੇਹਰ ਨਾਲ ਹੀ ਉਹ ਮਨ ਵਿਚ ਵੱਸ ਸਕਦਾ ਹੈ (ਜਦੋਂ ਉਹ ਪ੍ਰਭੂ ਮਨ ਵਿਚ ਆ ਵੱਸਦਾ ਹੈ) ਤਦੋਂ ਸਦਾ ਲਈ ਆਨੰਦ ਬਣ ਜਾਂਦਾ ਹੈ ।੧।ਰਹਾਉ।

(ਹੇ ਭਾਈ!) ਪਰਮਾਤਮਾ ਦੀ ਰਜ਼ਾ ਅਨੁਸਾਰ ਗੁਰੂ ਮਿਲਦਾ ਹੈ (ਜਿਸ ਨੂੰ ਗੁਰੂ ਮਿਲ ਪੈਂਦਾ ਹੈ, ਉਸ ਨੂੰ) ਸਦਾ ਕਾਇਮ ਰਹਿਣ ਵਾਲਾ ਪ੍ਰਭੂ ਮਿਲ ਪੈਂਦਾ ਹੈ, (ਤੇ ਉਸ ਨੂੰ ਸਹੀ ਜੀਵਨ-ਜੁਗਤਿ ਦੀ) ਸਮਝ ਆ ਜਾਂਦੀ ਹੈ । ਜਿਸ ਮਨੁੱਖ ਦੇ ਮਨ ਵਿਚ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਆ ਵੱਸਦਾ ਹੈ, ਉਹੀ ਮਨੁੱਖ ਪਰਮਾਤਮਾ ਨਾਲ ਸਾਂਝ ਪਾਂਦਾ ਹੈ ।੧।

(ਹੇ ਭਾਈ!) ਇਸ ਜਗਤ ਵਿਚ ਪਰਮਾਤਮਾ ਦਾ ਨਾਮ ਹੀ ਹੈ ਜੋ (ਜਗਤ ਦੇ) ਸਾਰੇ ਡਰਾਂ ਤੋਂ ਬਚਾਉਣ ਵਾਲਾ ਹੈ, ਪਰ ਇਹ ਨਾਮ ਗੁਰੂ ਦੀ ਦੱਸੀ ਹੋਈ ਵਿਚਾਰ ਦੀ ਬਰਕਤਿ ਨਾਲ ਮਿਲਦਾ ਹੈ । ਪਰਮਾਤਮਾ ਦੇ ਨਾਮ ਤੋਂ ਬਿਨਾ ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ ਆਤਮਕ ਮੌਤ ਦੇ ਕਾਬੂ ਵਿਚ ਰਹਿੰਦੀ ਹੈ, ਮਾਇਆ ਦੇ ਮੋਹ ਵਿਚ ਅੰਨ੍ਹੀ ਹੋਈ ਰਹਿੰਦੀ ਹੈ ਤੇ ਮੂਰਖ ਟਿਕੀ ਰਹਿੰਦੀ ਹੈ ।੨।

ਜੇਹੜਾ ਮਨੁੱਖ ਪਰਮਾਤਮਾ ਦੀ ਰਜ਼ਾ ਵਿਚ ਚੱਲਦਾ ਹੈ ਉਹੀ ਮਨੁੱਖ ਪਰਮਾਤਮਾ ਦੀ ਸੇਵਾ-ਭਗਤੀ ਕਰਦਾ ਹੈ ਉਹੀ ਉਸ ਸਦਾ-ਥਿਰ ਪ੍ਰਭੂ ਨੂੰ ਸਮਝਦਾ ਹੈ । ਪਰਮਾਤਮਾ ਦੀ ਰਜ਼ਾ ਵਿਚ ਤੁਰਿਆਂ ਹੀ ਪਰਮਾਤਮਾ ਦੀ ਸਿਫ਼ਤਿ-ਸਾਲਾਹ ਹੋ ਸਕਦੀ ਹੈ । ਜੇ ਪਰਮਾਤਮਾ ਦੀ ਰਜ਼ਾ ਵਿਚ ਤੁਰੀਏ ਤਾਂ ਹੀ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ ।੩।

(ਹੇ ਭਾਈ! ਜਿਸ ਮਨੁੱਖ ਨੇ) ਪਰਮਾਤਮਾ ਦੀ ਰਜ਼ਾ ਵਿਚ ਤੁਰ ਕੇ ਮਨੁੱਖਾ ਜਨਮ ਦਾ ਮਨੋਰਥ ਹਾਸਲ ਕਰ ਲਿਆ ਉਸ ਦੀ ਅਕਲ ਵਧੀਆ ਬਣ ਗਈ ।

ਹੇ ਨਾਨਕ! (ਗੁਰੂ ਦੀ ਸਰਨ ਪੈ ਕੇ) ਤੂੰ ਭੀ ਪਰਮਾਤਮਾ ਦੇ ਨਾਮ ਦੀ ਵਡਿਆਈ ਕਰ । ਗੁਰੂ ਦੀ ਸਰਨ ਪਿਆਂ

ਉੱਚੀ ਆਤਮਕ ਅਵਸਥਾ ਪ੍ਰਾਪਤ ਹੋ ਜਾਂਦੀ ਹੈ ।੪।੩੯।੧੩।੫੨।

ਨੋਟ:

ਸ਼ਬਦ ਮਹਲਾ ੧ — ੩੯

ਸ਼ਬਦ ਮਹਲਾ ੩ — ੧੩

. . . . ——

. . . . ਜੋੜ . . . ੫੨

ਆਸਾ ਮਹਲਾ ੪ ਘਰੁ ੨ ੧ੴ ਸਤਿਗੁਰ ਪ੍ਰਸਾਦਿ ॥ ਤੂੰ ਕਰਤਾ ਸਚਿਆਰੁ ਮੈਡਾ ਸਾਂਈ ॥ ਜੋ ਤਉ ਭਾਵੈ ਸੋਈ ਥੀਸੀ ਜੋ ਤੂੰ ਦੇਹਿ ਸੋਈ ਹਉ ਪਾਈ ॥੧॥ ਰਹਾਉ ॥ ਸਭ ਤੇਰੀ ਤੂੰ ਸਭਨੀ ਧਿਆਇਆ ॥ ਜਿਸ ਨੋ ਕ੍ਰਿਪਾ ਕਰਹਿ ਤਿਨਿ ਨਾਮ ਰਤਨੁ ਪਾਇਆ ॥ ਗੁਰਮੁਖਿ ਲਾਧਾ ਮਨਮੁਖਿ ਗਵਾਇਆ ॥ ਤੁਧੁ ਆਪਿ ਵਿਛੋੜਿਆ ਆਪਿ ਮਿਲਾਇਆ ॥੧॥ ਤੂੰ ਦਰੀਆਉ ਸਭ ਤੁਝ ਹੀ ਮਾਹਿ ॥ ਤੁਝ ਬਿਨੁ ਦੂਜਾ ਕੋਈ ਨਾਹਿ ॥ ਜੀਅ ਜੰਤ ਸਭਿ ਤੇਰਾ ਖੇਲੁ ॥ ਵਿਜੋਗਿ ਮਿਲਿ ਵਿਛੁੜਿਆ ਸੰਜੋਗੀ ਮੇਲੁ ॥੨॥ ਜਿਸ ਨੋ ਤੂ ਜਾਣਾਇਹਿ ਸੋਈ ਜਨੁ ਜਾਣੈ ॥ ਹਰਿ ਗੁਣ ਸਦ ਹੀ ਆਖਿ ਵਖਾਣੈ ॥ ਜਿਨਿ ਹਰਿ ਸੇਵਿਆ ਤਿਨਿ ਸੁਖੁ ਪਾਇਆ ॥ ਸਹਜੇ ਹੀ ਹਰਿ ਨਾਮਿ ਸਮਾਇਆ ॥੩॥ ਤੂ ਆਪੇ ਕਰਤਾ ਤੇਰਾ ਕੀਆ ਸਭੁ ਹੋਇ ॥ ਤੁਧੁ ਬਿਨੁ ਦੂਜਾ ਅਵਰੁ ਨ ਕੋਇ ॥ ਤੂ ਕਰਿ ਕਰਿ ਵੇਖਹਿ ਜਾਣਹਿ ਸੋਇ ॥ ਜਨ ਨਾਨਕ ਗੁਰਮੁਖਿ ਪਰਗਟੁ ਹੋਇ ॥੪॥੧॥੫੩॥ {ਪੰਨਾ 365}

ਪਦਅਰਥ:- ਸਚਿਆਰੁ—ਸਦਾ ਕਾਇਮ ਰਹਿਣ ਵਾਲਾ । ਮੈਡਾ—ਮੇਰਾ । ਸਾਂਈ—ਖਸਮ । ਤਉ—ਤੈਨੂੰ । ਥੀਸੀ—ਹੋਵੇਗਾ । ਹਉ—ਮੈਂ । ਪਾਈ—ਪਾਈਂ, ਪ੍ਰਾਪਤ ਕਰਦਾ ਹਾਂ ।੧।ਰਹਾਉ।

ਸਭ—ਸਾਰੀ ਲੁਕਾਈ । ਤੂੰ—ਤੈਨੂੰ । ਤਿਨਿ—ਉਸ (ਮਨੁੱਖ) ਨੇ । ਲਾਧਾ—ਲੱਭਾ । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨੇ । ਤੁਧੁ—ਤੂੰ ।੧।

ਮਾਹਿ—ਵਿਚ । ਸਭਿ—ਸਾਰੇ । ਵਿਜੋਗਿ—(ਧੁਰ ਦੇ) ਵਿਜੋਗ ਦੇ ਕਾਰਨ । ਮਿਲਿ —ਮਿਲ ਕੇ (ਭੀ) । ਸੰਜੋਗੀ—(ਧੁਰ ਦੇ) ਸੰਜੋਗ ਦੇ ਕਾਰਨ । ਮੇਲੁ—ਮਿਲਾਪ ।੨।

ਜਾਣਾਇਹਿ—ਤੂੰ ਸਮਝ ਬਖ਼ਸ਼ਦਾ ਹੈਂ । ਸਦ ਹੀ—ਸਦਾ ਹੀ । ਸਹਜੇ—ਆਤਮਕ ਅਡੋਲਤਾ ਵਿਚ । ਨਾਮਿ—ਨਾਮ ਵਿਚ ।੩।

ਵੇਖਹਿ—ਤੂੰ ਵੇਖਦਾ ਹੈਂ । ਜਾਣਹਿ—ਤੂੰ ਜਾਣਦਾ ਹੈਂ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ।੪।

ਅਰਥ:- (ਹੇ ਪ੍ਰਭੂ !) ਤੂੰ (ਸਾਰੇ ਜਗਤ ਦਾ) ਰਚਨਹਾਰ ਹੈਂ, ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਤੂੰ (ਹੀ) ਮੇਰਾ ਖਸਮ ਹੈਂ । ਹੇ ਪ੍ਰਭੂ ! (ਜਗਤ ਵਿਚ) ਉਹੀ ਕੁਝ ਵਰਤ ਰਿਹਾ ਹੈ ਜੋ ਤੈਨੂੰ ਚੰਗਾ ਲੱਗਦਾ ਹੈ । (ਹੇ ਪ੍ਰਭੂ !) ਮੈਂ ਉਹੀ ਕੁਝ ਹਾਸਲ ਕਰ ਸਕਦਾ ਹਾਂ ਜੋ ਕੁਝ ਤੂੰ (ਮੈਨੂੰ) ਦੇਂਦਾ ਹੈਂ ।੧।ਰਹਾਉ।

(ਹੇ ਪ੍ਰਭੂ !) ਸਾਰੀ ਲੁਕਾਈ ਤੇਰੀ (ਰਚੀ ਹੋਈ) ਹੈ, ਸਭ ਜੀਵਾਂ ਨੇ (ਔਖੇ ਸੌਖੇ ਵੇਲੇ) ਤੈਨੂੰ ਹੀ ਸਿਮਰਿਆ ਹੈ । ਜਿਸ ਉਤੇ ਤੂੰ ਮੇਹਰ ਕਰਦਾ ਹੈਂ ਉਸ ਮਨੁੱਖ ਨੇ ਤੇਰਾ ਨਾਮ-ਰਤਨ ਲੱਭ ਲਿਆ । (ਪਰ) ਲੱਭਾ ਉਸ ਨੇ ਜੋ ਗੁਰੂ ਦੀ ਸਰਨ ਪਿਆ, ਤੇ ਗਵਾਇਆ ਉਸ ਨੇ ਜੋ ਆਪਣੇ ਮਨ ਦੇ ਪਿੱਛੇ ਤੁਰਿਆ । (ਜੀਵਾਂ ਦੇ ਭੀ ਕੀਹ ਵੱਸ?

ਮਨਮੁਖ ਨੂੰ) ਤੂੰ ਆਪ ਹੀ (ਆਪਣੇ ਚਰਨਾਂ ਤੋਂ) ਵਿਛੋੜ ਰੱਖਿਆ ਹੈ ਤੇ (ਗੁਰਮੁਖਿ ਨੂੰ) ਤੂੰ ਆਪ ਹੀ (ਆਪਣੇ ਚਰਨਾਂ ਵਿਚ) ਜੋੜਿਆ ਹੋਇਆ ਹੈ ।੧।

(ਹੇ ਪ੍ਰਭੂ!) ਤੂੰ (ਜ਼ਿੰਦਗੀ ਦਾ ਇਕ ਵੱਡਾ) ਦਰੀਆ ਹੈਂ, ਸਾਰੀ ਸ੍ਰਿਸ਼ਟੀ ਤੇਰੇ ਵਿਚ (ਜੀਊ ਰਹੀ) ਹੈ, (ਤੂੰ ਆਪ ਹੀ ਆਪ ਹੈਂ) ਤੈਥੋਂ ਬਿਨਾ ਕੋਈ ਹੋਰ ਦੂਜੀ ਹਸਤੀ ਨਹੀਂ ਹੈ । (ਜਗਤ ਦੇ ਇਹ) ਸਾਰੇ ਜੀਅ ਜੰਤ ਤੇਰਾ (ਰਚਿਆ) ਤਮਾਸ਼ਾ ਹੈ (ਤੇਰੀ ਹੀ ਧੁਰ ਦਰਗਾਹ ਤੋਂ ਮਿਲੇ) ਵਿਜੋਗ ਦੇ ਕਾਰਣ ਮਿਲਿਆ ਹੋਇਆ ਜੀਵ ਵਿਛੁੜ ਜਾਂਦਾ ਹੈ ਤੇ ਸੰਜੋਗ ਦੇ ਕਾਰਨ ਮੁੜ ਮਿਲਾਪ ਹਾਸਲ ਕਰ ਲੈਂਦਾ ਹੈ ।੨।

(ਹੇ ਪ੍ਰਭੂ!) ਜਿਸ ਮਨੁੱਖ ਨੂੰ ਤੂੰ ਸਮਝ ਬਖ਼ਸ਼ਦਾ ਹੈਂ ਉਹੀ ਮਨੁੱਖ (ਜੀਵਨ-ਮਨੋਰਥ ਨੂੰ) ਸਮਝਦਾ ਹੈ ਤੇ ਉਹ ਮਨੁੱਖ ਹਰਿ-ਪ੍ਰਭੂ ਦੇ ਗੁਣ ਸਦਾ ਆਖ ਕੇ ਬਿਆਨ ਕਰਦਾ ਹੈ । (ਹੇ ਭਾਈ!) ਜਿਸ ਮਨੁੱਖ ਨੇ ਪਰਮਾਤਮਾ ਦੀ ਸੇਵਾ-ਭਗਤੀ ਕੀਤੀ ਉਸ ਨੇ ਆਤਮਕ ਆਨੰਦ ਮਾਣ ਲਿਆ; ਉਹ ਮਨੁੱਖ (ਸਿਮਰਨ-ਭਗਤੀ ਦੇ ਕਾਰਨ) ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਵਿਚ ਲੀਨ ਹੋ ਗਿਆ ।੩।

(ਹੇ ਪ੍ਰਭੂ!) ਤੂੰ ਆਪ ਹੀ (ਜਗਤ ਦਾ) ਰਚਨ ਵਾਲਾ ਹੈਂ (ਜਗਤ ਵਿਚ) ਸਭ ਕੁਝ ਤੇਰਾ ਕੀਤਾ ਹੀ ਹੋ ਰਿਹਾ ਹੈ, ਤੈਥੋਂ ਬਿਨਾ ਕੋਈ ਹੋਰ ਕੁਝ ਕਰਨ ਵਾਲਾ ਨਹੀਂ ਹੈ । ਤੂੰ ਆਪ ਹੀ (ਜਗਤ-ਰਚਨਾ) ਕਰ ਕਰ ਕੇ (ਸਭ ਦੀ) ਸੰਭਾਲ ਕਰਦਾ ਹੈਂ, ਤੂੰ ਆਪ ਹੀ ਇਸ ਸਾਰੇ (ਭੇਤ) ਨੂੰ ਜਾਣਦਾ ਹੈਂ ।

ਹੇ ਦਾਸ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਨੂੰ ਇਹ ਸਾਰੀ ਗੱਲ ਸਮਝ ਵਿਚ ਆ ਜਾਂਦੀ ਹੈ ।੪।੧।੫੩।

ਨੋਟ:

ਸ਼ਬਦ ਮ: ੪ — — — ੧

ਸ਼ਬਦ ਮ: ੧, ਤੇ ੩ — ੫੨

. . . . ——

. . . . . . ਜੋੜ . . . ੫੩

ੴ ਸਤਿਗੁਰ ਪ੍ਰਸਾਦਿ ॥ ਰਾਗੁ ਆਸਾ ਘਰੁ ੨ ਮਹਲਾ ੪ ॥ ਕਿਸ ਹੀ ਧੜਾ ਕੀਆ ਮਿਤ੍ਰ ਸੁਤ ਨਾਲਿ ਭਾਈ ॥ ਕਿਸ ਹੀ ਧੜਾ ਕੀਆ ਕੁੜਮ ਸਕੇ ਨਾਲਿ ਜਵਾਈ ॥ ਕਿਸ ਹੀ ਧੜਾ ਕੀਆ ਸਿਕਦਾਰ ਚਉਧਰੀ ਨਾਲਿ ਆਪਣੈ ਸੁਆਈ ॥ ਹਮਾਰਾ ਧੜਾ ਹਰਿ ਰਹਿਆ ਸਮਾਈ ॥੧॥ ਹਮ ਹਰਿ ਸਿਉ ਧੜਾ ਕੀਆ ਮੇਰੀ ਹਰਿ ਟੇਕ ॥ ਮੈ ਹਰਿ ਬਿਨੁ ਪਖੁ ਧੜਾ ਅਵਰੁ ਨ ਕੋਈ ਹਉ ਹਰਿ ਗੁਣ ਗਾਵਾ ਅਸੰਖ ਅਨੇਕ ॥੧॥ ਰਹਾਉ ॥ ਜਿਨ੍ ਸਿਉ ਧੜੇ ਕਰਹਿ ਸੇ ਜਾਹਿ ॥ ਝੂਠੁ ਧੜੇ ਕਰਿ ਪਛੋਤਾਹਿ ॥ ਥਿਰੁ ਨ ਰਹਹਿ ਮਨਿ ਖੋਟੁ ਕਮਾਹਿ ॥ ਹਮ ਹਰਿ ਸਿਉ ਧੜਾ ਕੀਆ ਜਿਸ ਕਾ ਕੋਈ ਸਮਰਥੁ ਨਾਹਿ ॥੨॥ ਏਹ ਸਭਿ ਧੜੇ ਮਾਇਆ ਮੋਹ ਪਸਾਰੀ ॥ ਮਾਇਆ ਕਉ ਲੂਝਹਿ ਗਾਵਾਰੀ ॥ ਜਨਮਿ ਮਰਹਿ ਜੂਐ ਬਾਜੀ ਹਾਰੀ ॥ ਹਮਰੈ ਹਰਿ ਧੜਾ ਜਿ ਹਲਤੁ ਪਲਤੁ ਸਭੁ ਸਵਾਰੀ ॥੩॥ ਕਲਿਜੁਗ ਮਹਿ ਧੜੇ ਪੰਚ ਚੋਰ ਝਗੜਾਏ ॥ ਕਾਮੁ ਕ੍ਰੋਧੁ ਲੋਭੁ ਮੋਹੁ ਅਭਿਮਾਨੁ ਵਧਾਏ ॥ ਜਿਸ ਨੋ ਕ੍ਰਿਪਾ ਕਰੇ ਤਿਸੁ ਸਤਸੰਗਿ ਮਿਲਾਏ ॥ ਹਮਰਾ ਹਰਿ ਧੜਾ ਜਿਨਿ ਏਹ ਧੜੇ ਸਭਿ ਗਵਾਏ ॥੪॥

ਮਿਥਿਆ ਦੂਜਾ ਭਾਉ ਧੜੇ ਬਹਿ ਪਾਵੈ ॥ ਪਰਾਇਆ ਛਿਦ੍ਰੁ ਅਟਕਲੈ ਆਪਣਾ ਅਹੰਕਾਰੁ ਵਧਾਵੈ ॥ ਜੈਸਾ ਬੀਜੈ ਤੈਸਾ ਖਾਵੈ ॥ ਜਨ ਨਾਨਕ ਕਾ ਹਰਿ ਧੜਾ ਧਰਮੁ ਸਭ ਸ੍ਰਿਸਟਿ ਜਿਣਿ ਆਵੈ ॥੫॥੨॥੫੪॥ {ਪੰਨਾ 366}

ਪਦਅਰਥ:- ਕਿਸ ਹੀ—ਕਿਸਹਿ, ਕਿਸੇ ਨੇ । ਸੁਤ—ਪੁੱਤਰ । ਸਿਕਦਾਰ—ਸਰਦਾਰ । ਸੁਆਈ—ਸੁਆਇ, ਸੁਆਰਥ ਵਾਸਤੇ ।੧।

ਟੇਕ—ਆਸਰਾ । ਅਸੰਖ—ਅਣਗਿਣਤ ।੧।ਰਹਾਉ।

ਮਨਿ—ਮਨ ਵਿਚ । ਖੋਟੁ—ਠੱਗੀ । ਜਿਸ ਕਾ ਸਮਰਥੁ—ਜਿਸ ਦੇ ਬਰਾਬਰ ਦਾ ।੨।

ਪਸਾਰੀ—ਖਿਲਾਰਾ । ਲੂਝਹਿ—ਝਗੜਦੇ ਹਨ । ਜਿ—ਜਿਹੜਾ । ਹਲਤੁ ਪਲਤੁ—ਇਹ ਲੋਕ ਤੇ ਪਰਲੋਕ ।੩।

ਕਲਿਜੁਗ ਮਹਿ—ਪਰਮਾਤਮਾ ਤੋਂ ਵਿਛੜ ਕੇ । ਜਿਨਿ—ਜਿਸ ਨੇ । ਸਭਿ—ਸਾਰੇ ।੪।

ਮਿਥਿਆ—ਝੂਠਾ, ਵਿਅਰਥ । ਭਾਉ—ਪਿਆਰ । ਅਟਕਲੈ—ਜਾਚਦਾ ਹੈ । ਛਿਦ੍ਰੁ—ਐਬ । ਜਿਣਿ—ਜਿੱਤ ਕੇ ।੫।

ਅਰਥ:- ਅਸਾਂ ਪਰਮਾਤਮਾ ਨਾਲ ਸਾਥ ਬਣਾਇਆ ਹੈ, ਪਰਮਾਤਮਾ ਹੀ ਮੇਰਾ ਆਸਰਾ ਹੈ । ਪਰਮਾਤਮਾ ਤੋਂ ਬਿਨਾ ਮੇਰਾ ਹੋਰ ਕੋਈ ਪੱਖ ਨਹੀਂ ਕੋਈ ਧੜਾ ਨਹੀਂ । ਮੈਂ ਪਰਮਾਤਮਾ ਦੇ ਹੀ ਅਨੇਕਾਂ ਤੇ ਅਣਗਿਣਤ ਗੁਣ ਗਾਂਦਾ ਰਹਿੰਦਾ ਹਾਂ ।੧।ਰਹਾਉ।

ਕਿਸੇ ਮਨੁੱਖ ਨੇ ਆਪਣੇ ਮਿੱਤਰ ਨਾਲ ਪੁੱਤਰ ਨਾਲ ਭਰਾ ਨਾਲ ਸਾਥ ਗੰਢਿਆ ਹੋਇਆ ਹੈ, ਕਿਸੇ ਨੇ ਆਪਣੇ ਸੱਕੇ ਕੁੜਮ ਨਾਲ ਜਵਾਈ ਨਾਲ ਧੜਾ ਬਣਾਇਆ ਹੋਇਆ ਹੈ, ਕਿਸੇ ਮਨੁੱਖ ਨੇ ਆਪਣੀ ਗ਼ਰਜ਼ ਦੀ ਖ਼ਾਤਰ (ਪਿੰਡ ਦੇ) ਸਰਦਾਰ ਨਾਲ ਚੌਧਰੀ ਨਾਲ ਧੜਾ ਬਣਾਇਆ ਹੋਇਆ ਹੈ; ਪਰ ਮੇਰਾ ਸਾਥੀ ਉਹ ਪਰਮਾਤਮਾ ਹੈ ਜੋ ਸਭ ਥਾਈਂ ਮੌਜੂਦ ਹੈ ।੧।

ਲੋਕ ਜਿਨ੍ਹਾਂ ਬੰਦਿਆਂ ਨਾਲ ਧੜੇ ਗੰਢਦੇ ਹਨ ਉਹ (ਆਖ਼ਰ ਜਗਤ ਤੋਂ) ਕੂਚ ਕਰ ਜਾਂਦੇ ਹਨ, (ਧੜੇ ਬਣਾਣ ਵਾਲੇ ਇਹ) ਝੂਠਾ ਅਡੰਬਰ ਕਰ ਕੇ ਇਹ ਧੜੇ ਬਣਾ ਕੇ (ਉਹਨਾਂ ਦੇ ਮਰਨ ਤੇ) ਪਛੁਤਾਂਦੇ ਹਨ । (ਧੜੇ ਬਣਾਣ ਵਾਲੇ ਆਪ ਭੀ) ਸਦਾ (ਦੁਨੀਆ ਵਿਚ) ਟਿਕੇ ਨਹੀਂ ਰਹਿੰਦੇ, (ਵਿਅਰਥ ਹੀ ਧੜਿਆਂ ਦੀ ਖ਼ਾਤਰ ਆਪਣੇ) ਮਨ ਵਿਚ ਠੱਗੀ-ਫ਼ਰੇਬ ਕਰਦੇ ਰਹਿੰਦੇ ਹਨ । ਪਰ ਮੈਂ ਤਾਂ ਉਸ ਪਰਮਾਤਮਾ ਨਾਲ ਆਪਣਾ ਸਾਥ ਬਣਾਇਆ ਹੈ ਜਿਸ ਦੇ ਬਰਾਬਰ ਦੀ ਤਾਕਤ ਰੱਖਣ ਵਾਲਾ ਹੋਰ ਕੋਈ ਨਹੀਂ ਹੈ ।੨।

(ਹੇ ਭਾਈ! ਦੁਨੀਆ ਦੇ) ਇਹ ਸਾਰੇ ਧੜੇ ਮਾਇਆ ਦਾ ਖਿਲਾਰਾ ਹਨ ਮੋਹ ਦਾ ਖਿਲਾਰਾ ਹਨ । (ਧੜੇ ਬਣਾਣ ਵਾਲੇ) ਮੂਰਖ ਲੋਕ ਮਾਇਆ ਦੀ ਖ਼ਾਤਰ ਹੀ (ਆਪੋ ਵਿਚ) ਲੜਦੇ ਰਹਿੰਦੇ ਹਨ । (ਇਸ ਕਾਰਨ ਉਹ ਮੁੜ ਮੁੜ) ਜੰਮਦੇ ਹਨ ਮਰਦੇ ਹਨ, ਉਹ (ਮਾਨੋ) ਜੂਏ ਵਿਚ ਹੀ (ਮਨੁੱਖਾ ਜੀਵਨ ਦੀ) ਬਾਜ਼ੀ ਹਾਰ ਕੇ ਚਲੇ ਜਾਂਦੇ ਹਨ (ਜਿਸ ਵਿਚੋਂ ਹਾਸਲ ਕੁਝ ਨਹੀਂ ਹੁੰਦਾ) । ਪਰ ਮੇਰੇ ਨਾਲ ਤਾਂ ਸਾਥੀ ਹੈ ਪਰਮਾਤਮਾ ਜੋ ਮੇਰਾ ਲੋਕ ਤੇ ਪਰਲੋਕ ਸਭ ਕੁਝ ਸਵਾਰਨ ਵਾਲਾ ਹੈ ।੩।

ਪਰਮਾਤਮਾ ਨਾਲੋਂ ਵਿਛੜ ਕੇ (ਕਲਿਜੁਗੀ ਸੁਭਾਵ ਵਿਚ ਫਸ ਕੇ) ਮਨੁੱਖਾਂ ਦੇ ਧੜੇ ਬਣਦੇ ਹਨ, ਕਾਮਾਦਿਕ ਪੰਜਾਂ ਚੋਰਾਂ ਦੇ ਕਾਰਨ ਝਗੜੇ ਪੈਦਾ ਹੁੰਦੇ ਹਨ, (ਪਰਮਾਤਮਾ ਨਾਲੋਂ ਵਿਛੋੜਾ ਮਨੁੱਖਾਂ ਦੇ ਅੰਦਰ) ਕਾਮ ਕ੍ਰੋਧ ਲੋਭ ਮੋਹ

ਅਤੇ ਅਹੰਕਾਰ ਨੂੰ ਵਧਾਂਦਾ ਹੈ । ਜਿਸ ਮਨੁੱਖ ਉਤੇ ਪਰਮਾਤਮਾ ਮੇਹਰ ਕਰਦਾ ਹੈ ਉਸ ਨੂੰ ਸਾਧ ਸੰਗਤਿ ਵਿਚ ਮਿਲਾਂਦਾ ਹੈ (ਤੇ ਉਹ ਇਹਨਾਂ ਪੰਜਾਂ ਚੋਰਾਂ ਦੀ ਮਾਰ ਤੋਂ ਬਚਦਾ ਹੈ) । (ਹੇ ਭਾਈ!) ਮੇਰੀ ਮਦਦ ਤੇ ਪਰਮਾਤਮਾ ਆਪ ਹੈ ਜਿਸ ਨੇ (ਮੇਰੇ ਅੰਦਰੋਂ) ਇਹ ਸਾਰੇ ਧੜੇ ਮੁਕਾ ਦਿੱਤੇ ਹੋਏ ਹਨ ।੪।

(ਪਰਮਾਤਮਾ ਨੂੰ ਛੱਡ ਕੇ) ਮਾਇਆ ਦਾ ਝੂਠਾ ਪਿਆਰ (ਮਨੁੱਖ ਦੇ ਅੰਦਰ) ਟਿਕ ਕੇ ਧੜੇ (-ਬਾਜ਼ੀਆਂ) ਪੈਦਾ ਕਰਦਾ ਹੈ (ਮਾਇਆ ਦੇ ਮੋਹ ਦੇ ਪ੍ਰਭਾਵ ਹੇਠ ਮਨੁੱਖ) ਹੋਰਨਾਂ ਦਾ ਐਬ ਜਾਚਦਾ ਫਿਰਦਾ ਹੈ ਤੇ (ਇਸ ਤਰ੍ਹਾਂ ਆਪਣੇ ਆਪ ਨੂੰ ਚੰਗਾ ਸਮਝ ਕੇ) ਆਪਣਾ ਅਹੰਕਾਰ ਵਧਾਂਦਾ ਹੈ । (ਹੋਰਨਾਂ ਦੇ ਐਬ ਫਰੋਲ ਕੇ ਤੇ ਆਪਣੇ ਆਪ ਨੂੰ ਨੇਕ ਮਿਥ ਮਿਥ ਕੇ ਮਨੁੱਖ ਆਪਣੇ ਆਤਮਕ ਜੀਵਨ ਵਾਸਤੇ) ਜਿਹੋ ਜਿਹਾ ਬੀ ਬੀਜਦਾ ਹੈ ਉਹੋ ਜਿਹਾ ਫਲ ਹਾਸਲ ਕਰਦਾ ਹੈ ।

ਦਾਸ ਨਾਨਕ ਦਾ ਪੱਖ ਕਰਨ ਵਾਲਾ ਸਾਥੀ ਤਾਂ ਪਰਮਾਤਮਾ ਹੈ (ਪਰਮਾਤਮਾ ਦਾ ਆਸਰਾ ਹੀ ਨਾਨਕ ਦਾ) ਧਰਮ ਹੈ (ਜਿਸ ਦੀ ਬਰਕਤਿ ਨਾਲ ਮਨੁੱਖ) ਸਾਰੀ ਸ੍ਰਿਸ਼ਟੀ ਨੂੰ ਜਿੱਤ ਕੇ ਆ ਸਕਦਾ ਹੈ ।੫।੨।੫੪।

ਆਸਾ ਮਹਲਾ ੪ ॥ ਹਿਰਦੈ ਸੁਣਿ ਸੁਣਿ ਮਨਿ ਅੰਮ੍ਰਿਤੁ ਭਾਇਆ ॥ ਗੁਰਬਾਣੀ ਹਰਿ ਅਲਖੁ ਲਖਾਇਆ ॥੧॥ ਗੁਰਮੁਖਿ ਨਾਮੁ ਸੁਨਹੁ ਮੇਰੀ ਭੈਨਾ ॥ ਏਕੋ ਰਵਿ ਰਹਿਆ ਘਟ ਅੰਤਰਿ ਮੁਖਿ ਬੋਲਹੁ ਗੁਰ ਅੰਮ੍ਰਿਤ ਬੈਨਾ ॥੧॥ ਰਹਾਉ ॥ ਮੈ ਮਨਿ ਤਨਿ ਪ੍ਰੇਮੁ ਮਹਾ ਬੈਰਾਗੁ ॥ ਸਤਿਗੁਰੁ ਪੁਰਖੁ ਪਾਇਆ ਵਡਭਾਗੁ ॥੨॥ ਦੂਜੈ ਭਾਇ ਭਵਹਿ ਬਿਖੁ ਮਾਇਆ ॥ ਭਾਗਹੀਨ ਨਹੀ ਸਤਿਗੁਰੁ ਪਾਇਆ ॥੩॥ ਅੰਮ੍ਰਿਤੁ ਹਰਿ ਰਸੁ ਹਰਿ ਆਪਿ ਪੀਆਇਆ ॥ ਗੁਰਿ ਪੂਰੈ ਨਾਨਕ ਹਰਿ ਪਾਇਆ ॥੪॥੩॥੫੫॥ {ਪੰਨਾ 366}

ਪਦਅਰਥ:- ਹਿਰਦੈ—ਹਿਰਦੇ ਵਿਚ । ਸੁਣਿ ਸੁਣਿ—(ਗੁਰਬਾਣੀ) ਮੁੜ ਮੁੜ ਸੁਣ ਕੇ । ਮਨਿ—ਮਨ ਵਿਚ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਭਾਇਆ—ਪਿਆਰਾ ਲੱਗਾ । ਅਲਖੁ—ਅਦ੍ਰਿਸ਼ਟ ।੧।

ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਮੇਰੀ ਭੈਨਾ—ਹੇ ਮੇਰੀ ਭੈਣੋ! ਹੇ ਸਤਸੰਗੀਹੋ! ਏਕੋ—ਇਕ ਪ੍ਰਭੂ ਹੀ । ਘਟ—ਹਿਰਦਾ । ਮੁਖਿ—ਮੂੰਹ ਨਾਲ । ਗੁਰ ਬੈਨਾ—ਗੁਰੂ ਦੇ ਬਚਨ ।੧।ਰਹਾਉ।

ਮੈ ਮਨਿ—ਮੇਰੇ ਮਨ ਵਿਚ । ਮੈ ਤਨਿ—ਮੇਰੇ ਤਨ ਵਿਚ । ਬੈਰਾਗੁ—ਲਗਨ । ਵਡਭਾਗੁ—ਵੱਡੇ ਭਾਗਾਂ ਵਾਲਾ ।੨।

ਭਾਇ—ਪਿਆਰ ਵਿਚ । ਦੂਜੈ ਭਾਇ—ਪ੍ਰਭੂ ਤੋਂ ਬਿਨਾ ਹੋਰ ਦੇ ਪਿਆਰ ਵਿਚ । ਭਵਹਿ—ਭਟਕਦੇ ਹਨ । ਬਿਖੁ—ਜ਼ਹਰ, ਆਤਮਕ ਮੌਤ ਲਿਆਉਣ ਵਾਲੀ ।੩।

ਹਰਿ ਰਸੁ—ਹਰਿ ਨਾਮ ਦਾ ਰਸ । ਗੁਰਿ ਪੂਰੈ—ਪੂਰੇ ਗੁਰੂ ਦੀ ਰਾਹੀਂ ।੪।

ਅਰਥ:- ਹੇ ਮੇਰੀ ਭੈਣੋ! ਗੁਰੂ ਦੀ ਸਰਨ ਪੈ ਕੇ ਉਸ ਪਰਮਾਤਮਾ ਦਾ ਨਾਮ ਸੁਣਿਆ ਕਰੋ ਜੋ ਆਪ ਹੀ ਹਰੇਕ ਜੀਵ ਦੇ ਸਰੀਰ ਵਿਚ ਮੌਜੂਦ ਹੈ । (ਹੇ ਮੇਰੀ ਭੈਣੋ!) ਮੂੰਹ ਨਾਲ ਗੁਰੂ ਦੇ ਆਤਮਕ ਜੀਵਨ ਦੇਣ ਵਾਲੇ ਸ਼ਬਦ ਬੋਲਿਆ ਕਰੋ ।੧।ਰਹਾਉ।

(ਹੇ ਭੈਣੋ!) ਗੁਰੂ ਦੀ ਬਾਣੀ ਸੁਣ ਕੇ ਜਿਸ ਮਨੁੱਖ ਦੇ ਹਿਰਦੇ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪਿਆਰਾ ਲੱਗਣ ਲੱਗ ਪੈਂਦਾ ਹੈ ਗੁਰਬਾਣੀ ਦੀ ਬਰਕਤਿ ਨਾਲ ਉਹ ਮਨੁੱਖ ਅਦ੍ਰਿਸ਼ਟ ਪਰਮਾਤਮਾ ਦਾ ਦਰਸ਼ਨ

ਕਰ ਲੈਂਦਾ ਹੈ ।੧।

(ਹੇ ਭੈਣੋ!) ਪਰਮਾਤਮਾ ਦਾ ਰੂਪ ਤੇ ਵੱਡੇ ਭਾਗਾਂ ਵਾਲਾ ਸਤਿਗੁਰੂ ਮੈਨੂੰ ਭੀ ਮਿਲ ਪਿਆ ਹੈ (ਉਸ ਦੀ ਮੇਹਰ ਨਾਲ) ਮੇਰੇ ਮਨ ਵਿਚ ਹਿਰਦੇ ਵਿਚ ਪਰਮਾਤਮਾ ਵਾਸਤੇ ਪਿਆਰ ਪੈਦਾ ਹੋ ਗਿਆ ਹੈ ਪਰਮਾਤਮਾ ਵਾਸਤੇ ਬੜੀ ਲਗਨ ਪੈਦਾ ਹੋ ਗਈ ਹੈ ।੨।

(ਪਰ, ਹੇ ਭੈਣੋ!) ਬਦ-ਨਸੀਬ ਹਨ ਉਹ ਮਨੁੱਖ ਜਿਨ੍ਹਾਂ ਨੂੰ ਗੁਰੂ ਨਹੀਂ ਮਿਲਿਆ ਉਹ ਮਾਇਆ ਦੇ ਮੋਹ ਵਿਚ ਫਸ ਕੇ ਮਾਇਆ ਦੀ ਖ਼ਾਤਰ ਭਟਕਦੇ ਫਿਰਦੇ ਹਨ ਜੋ ਉਹਨਾਂ ਲਈ ਆਤਮਕ ਮੌਤ ਦਾ ਕਾਰਨ ਬਣਦੀ ਹੈ ।੩।

ਹੇ ਨਾਨਕ! (ਜੀਵ ਦੇ ਵੱਸ ਦੀ ਗੱਲ ਨਹੀਂ) ਪਰਮਾਤਮਾ ਨੇ ਆਪ ਹੀ ਜਿਸ ਮਨੁੱਖ ਨੂੰ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਹਰਿ-ਨਾਮ-ਰਸ ਪਿਲਾ ਦਿੱਤਾ ਉਸ ਨੇ ਪੂਰੇ ਗੁਰੂ ਦੀ ਰਾਹੀਂ ਉਸ ਪਰਮਾਤਮਾ ਨੂੰ ਲੱਭ ਲਿਆ ।੪।੩।੫੫।

ਆਸਾ ਮਹਲਾ ੪ ॥ ਮੇਰੈ ਮਨਿ ਤਨਿ ਪ੍ਰੇਮੁ ਨਾਮੁ ਆਧਾਰੁ ॥ ਨਾਮੁ ਜਪੀ ਨਾਮੋ ਸੁਖ ਸਾਰੁ ॥੧॥ ਨਾਮੁ ਜਪਹੁ ਮੇਰੇ ਸਾਜਨ ਸੈਨਾ ॥ ਨਾਮ ਬਿਨਾ ਮੈ ਅਵਰੁ ਨ ਕੋਈ ਵਡੈ ਭਾਗਿ ਗੁਰਮੁਖਿ ਹਰਿ ਲੈਨਾ ॥੧॥ ਰਹਾਉ ॥ ਨਾਮ ਬਿਨਾ ਨਹੀ ਜੀਵਿਆ ਜਾਇ ॥ ਵਡੈ ਭਾਗਿ ਗੁਰਮੁਖਿ ਹਰਿ ਪਾਇ ॥੨॥ ਨਾਮਹੀਨ ਕਾਲਖ ਮੁਖਿ ਮਾਇਆ ॥ ਨਾਮ ਬਿਨਾ ਧ੍ਰਿਗੁ ਧ੍ਰਿਗੁ ਜੀਵਾਇਆ ॥੩॥ ਵਡਾ ਵਡਾ ਹਰਿ ਭਾਗ ਕਰਿ ਪਾਇਆ ॥ ਨਾਨਕ ਗੁਰਮੁਖਿ ਨਾਮੁ ਦਿਵਾਇਆ ॥੪॥੪॥੫੬॥ {ਪੰਨਾ 366}

ਪਦਅਰਥ:- ਮਨਿ—ਮਨ ਵਿਚ । ਤਨਿ—ਤਨ ਵਿਚ, ਹਿਰਦੇ ਵਿਚ । ਅਧਾਰੁ—ਆਸਰਾ । ਜਪੀ—ਜਪੀਂ, ਮੈਂ ਜਪਦਾ ਹਾਂ । ਨਾਮੋ—ਨਾਮ ਹੀ । ਸੁਖ ਸਾਰੁ—ਸੁਖਾਂ ਦਾ ਤੱਤ ।੧।

ਸਾਜਨ ਸੈਨਾ—ਸੱਜਣੋਂ ਮਿੱਤਰੋ! ਮੈ—ਮੈਨੂੰ । ਭਾਗਿ—ਕਿਸਮਤ ਨਾਲ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ ।੧।ਰਹਾਉ।

ਪਾਇ—ਮਿਲਦਾ ਹੈ ।੨।

ਮੁਖਿ—ਮੂੰਹ ਉਤੇ । ਧ੍ਰਿਗੁ—ਫਿਟਕਾਰ-ਜੋਗ ।੩।

ਭਾਗ ਕਰਿ—ਕਿਸਮਤਿ ਨਾਲ । ਗੁਰਮੁਖਿ—ਗੁਰੂ ਦੀ ਰਾਹੀਂ ।੪।

ਅਰਥ:- ਹੇ ਮੇਰੇ ਸਜਣੋਂ! ਹੇ ਮੇਰੇ ਮਿੱਤਰੋ! ਪਰਮਾਤਮਾ ਦਾ ਨਾਮ ਜਪਿਆ ਕਰੋ । ਪਰਮਾਤਮਾ ਦੇ ਨਾਮ ਤੋਂ ਬਿਨਾ ਮੈਨੂੰ (ਤਾਂ ਜ਼ਿੰਦਗੀ ਦਾ) ਹੋਰ ਕੋਈ (ਆਸਰਾ) ਨਹੀਂ ਦਿੱਸਦਾ । ਇਹ ਹਰਿ-ਨਾਮ ਵੱਡੀ ਕਿਸਮਤਿ ਨਾਲ ਗੁਰੂ ਦੀ ਰਾਹੀਂ ਹੀ ਮਿਲ ਸਕਦਾ ਹੈ ।੧।ਰਹਾਉ।

(ਹੇ ਮੇਰੇ ਸੱਜਣੋਂ ਮਿੱਤਰੋ!) ਪਰਮਾਤਮਾ ਦਾ ਪਿਆਰ ਤੇ ਪਰਮਾਤਮਾ ਦਾ ਨਾਮ (ਹੀ) ਮੇਰੇ ਮਨ ਵਿਚ ਮੇਰੇ ਹਿਰਦੇ ਵਿਚ ਆਸਰਾ ਹੈ । ਮੈਂ (ਸਦਾ ਪ੍ਰਭੂ ਦਾ) ਨਾਮ ਜਪਦਾ ਰਹਿੰਦਾ ਹਾਂ, ਨਾਮ ਹੀ (ਮੇਰੇ ਵਾਸਤੇ ਸਾਰੇ) ਸੁਖਾਂ ਦਾ ਨਿਚੋੜ ਹੈ ।੧।

(ਹੇ ਮੇਰੇ ਮਿੱਤਰੋ!) ਪਰਮਾਤਮਾ ਦਾ ਨਾਮ ਜਪਣ ਤੋਂ ਬਿਨਾ ਆਤਮਕ ਜੀਵਨ ਨਹੀਂ ਮਿਲ ਸਕਦਾ । ਇਹ ਹਰਿ-ਨਾਮ ਵੱਡੀ ਕਿਸਮਤਿ ਨਾਲ ਗੁਰੂ ਦੀ ਰਾਹੀਂ ਹੀ ਮਿਲਦਾ ਹੈ ।੨।

(ਹੇ ਮੇਰੇ ਮਿੱਤਰੋ!) ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਜੀਊਣਾ ਫਿਟਕਾਰ-ਜੋਗ ਹੈ । ਪਰਮਾਤਮਾ ਦੇ ਨਾਮ ਤੋਂ ਵਾਂਜੇ ਰਿਹਾਂ ਮਾਇਆ ਦੇ (ਮੋਹ ਦੇ) ਕਾਰਨ ਮੂੰਹ ਉਤੇ ਕਾਲਖ ਲੱਗਦੀ ਹੈ ।੩।

ਹੇ ਨਾਨਕ! ਗੁਰੂ ਦੀ ਰਾਹੀਂ (ਜਿਸ ਮਨੁੱਖ ਨੂੰ ਪਰਮਾਤਮਾ) ਆਪਣੇ ਨਾਮ ਦੀ ਦਾਤਿ ਦਿਵਾਂਦਾ ਹੈ ਉਹ ਮਨੁੱਖ ਉਸ ਸਭ ਤੋਂ ਵੱਡੇ ਪਰਮਾਤਮਾ ਨੂੰ ਵੱਡੀ ਕਿਸਮਤਿ ਨਾਲ ਮਿਲ ਪੈਂਦਾ ਹੈ ।੪।੪।੫੬।

ਆਸਾ ਮਹਲਾ ੪ ॥ ਗੁਣ ਗਾਵਾ ਗੁਣ ਬੋਲੀ ਬਾਣੀ ॥ ਗੁਰਮੁਖਿ ਹਰਿ ਗੁਣ ਆਖਿ ਵਖਾਣੀ ॥੧॥ ਜਪਿ ਜਪਿ ਨਾਮੁ ਮਨਿ ਭਇਆ ਅਨੰਦਾ ॥ ਸਤਿ ਸਤਿ ਸਤਿਗੁਰਿ ਨਾਮੁ ਦਿੜਾਇਆ ਰਸਿ ਗਾਏ ਗੁਣ ਪਰਮਾਨੰਦਾ ॥੧॥ ਰਹਾਉ ॥ ਹਰਿ ਗੁਣ ਗਾਵੈ ਹਰਿ ਜਨ ਲੋਗਾ ॥ ਵਡੈ ਭਾਗਿ ਪਾਏ ਹਰਿ ਨਿਰਜੋਗਾ ॥੨॥ ਗੁਣ ਵਿਹੂਣ ਮਾਇਆ ਮਲੁ ਧਾਰੀ ॥ ਵਿਣੁ ਗੁਣ ਜਨਮਿ ਮੁਏ ਅਹੰਕਾਰੀ ॥੩॥ ਸਰੀਰਿ ਸਰੋਵਰਿ ਗੁਣ ਪਰਗਟਿ ਕੀਏ ॥ ਨਾਨਕ ਗੁਰਮੁਖਿ ਮਥਿ ਤਤੁ ਕਢੀਏ ॥੪॥੫॥੫੭॥ {ਪੰਨਾ 367}

ਪਦਅਰਥ:- ਗਾਵਾ—ਗਾਵਾਂ, ਮੈਂ ਗਾਂਦਾ ਹਾਂ । ਬੋਲੀ—ਬੋਲੀਂ, ਮੈਂ ਉਚਾਰਦਾ ਹਾਂ । ਗੁਣ ਬਾਣੀ—ਸਿਫ਼ਤਿ-ਸਾਲਾਹ ਦੀ ਬਾਣੀ । ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ, ਗੁਰੂ ਦੇ ਦੱਸੇ ਰਾਹ ਤੇ ਤੁਰ ਕੇ । ਆਖਿ—ਆਖ ਕੇ, ਉਚਾਰ ਕੇ । ਵਖਾਣੀ—ਵਖਾਣੀਂ, ਮੈਂ ਬਿਆਨ ਕਰਦਾ ਹਾਂ ।੧।

ਮਨਿ—ਮਨ ਵਿਚ । ਸਤਿ ਸਤਿ ਸਤਿ ਨਾਮੁ—ਸਤਿਨਾਮੁ, ਸਤਿਨਾਮੁ, ਸਤਿਨਾਮੁ । ਗੁਰਿ—ਗੁਰੂ ਨੇ । ਰਸਿ—ਰਸ ਨਾਲ, ਪ੍ਰੇਮ ਨਾਲ । ਗੁਣ ਪਰਮਾਨੰਦਾ—ਸਭ ਤੋਂ ਉੱਚੇ ਆਤਮਕ ਆਨੰਦ ਦੇ ਮਾਲਕ ਪ੍ਰਭੂ ਦੇ ਗੁਣ ।੧।ਰਹਾਉ।

ਨਿਰਜੋਗ—ਨਿਰਲੇਪ ।੨।

ਧਾਰੀ—ਧਾਰਨ ਵਾਲਾ । ਜਨਮਿ ਮੁਏ—ਜੰਮਦੇ ਮਰਦੇ ਰਹਿੰਦੇ ਹਨ ।੩।

ਸਰੀਰਿ—ਸਰੀਰ ਵਿਚ । ਸਰੋਵਰਿ—ਸਰੋਵਰ ਵਿਚ । ਗੁਰਮੁਖਿ—ਗੁਰੂ ਦੀ ਸਰਨ ਪੈਣ ਵਾਲੇ ਮਨੁੱਖ ਨੇ । ਮਥਿ—ਰਿੜਕ ਕੇ, ਵਿਚਾਰ ਕੇ । ਤਤੁ—ਨਿਚੋੜ, ਅਸਲੀਅਤ ।੪।

ਅਰਥ:- (ਹੇ ਭਾਈ!) ਪਰਮਾਤਮਾ ਦਾ ਨਾਮ ਮੁੜ ਮੁੜ ਜਪ ਕੇ ਮਨ ਵਿਚ ਆਨੰਦ ਪੈਦਾ ਹੋ ਜਾਂਦਾ ਹੈ । ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਨੇ ਸਤਿਨਾਮੁ ਸਤਿਨਾਮੁ ਸਤਿਨਾਮੁ ਪੱਕਾ ਕਰ ਦਿੱਤਾ, ਉਸ ਨੇ ਬੜੇ ਪ੍ਰੇਮ ਨਾਲ ਪਰਮਾਨੰਦ ਪ੍ਰਭੂ ਦੇ ਗੁਣ ਗਾਣੇ ਸ਼ੁਰੂ ਕਰ ਦਿੱਤੇ ।੧।ਰਹਾਉ।

(ਹੇ ਭਾਈ!) ਗੁਰੂ ਦੀ ਸਰਨ ਪੈ ਕੇ ਮੈਂ ਭੀ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹਾਂ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਉਚਾਰਦਾ ਰਹਿੰਦਾ ਹਾਂ, ਪਰਮਾਤਮਾ ਦੇ ਗੁਣ ਉਚਾਰ ਉਚਾਰ ਕੇ ਬਿਆਨ ਕਰਦਾ ਰਹਿੰਦਾ ਹਾਂ ।੧।

(ਗੁਰੂ ਦੀ ਸਰਨ ਪੈ ਕੇ ਹੀ) ਪਰਮਾਤਮਾ ਦਾ ਭਗਤ ਪਰਮਾਤਮਾ ਦੇ ਗੁਣ ਗਾਂਦਾ ਹੈ, ਤੇ ਵੱਡੀ ਕਿਸਮਤਿ ਨਾਲ ਉਸ ਨਿਰਲੇਪ ਪਰਮਾਤਮਾ ਨੂੰ ਮਿਲ ਪੈਂਦਾ ਹੈ ।੨।

(ਹੇ ਭਾਈ!) ਪਰਮਾਤਮਾ ਦੀ ਸਿਫ਼ਤਿ-ਸਾਲਾਹ ਤੋਂ ਵਾਂਜੇ ਹੋਏ ਮਨੁੱਖ ਮਾਇਆ ਦੇ ਮੋਹ ਦੀ ਮੈਲ (ਆਪਣੇ ਮਨ ਵਿਚ) ਟਿਕਾਈ ਰੱਖਦੇ ਹਨ । ਸਿਫ਼ਤਿ-ਸਾਲਾਹ ਤੋਂ ਬਿਨਾ ਅਹੰਕਾਰ ਵਿਚ ਮੱਤੇ ਹੋਏ ਜੀਵ ਮੁੜ ਮੁੜ ਜੰਮਦੇ

ਮਰਦੇ ਰਹਿੰਦੇ ਹਨ ।੩।

(ਹੇ ਭਾਈ! ਮਨੁੱਖ ਦੇ) ਇਸ ਸਰੀਰ ਸਰੋਵਰ ਵਿਚ (ਪਰਮਾਤਮਾ ਦੇ ਗੁਣ ਗੁਰੂ ਨੇ ਹੀ) ਪਰਗਟ ਕੀਤੇ ਹਨ । ਹੇ ਨਾਨਕ! (ਜਿਵੇਂ ਦੁੱਧ ਰਿੜਕ ਕੇ ਮੱਖਣ ਕੱਢੀਦਾ ਹੈ, ਤਿਵੇਂ) ਗੁਰੂ ਦੀ ਸਰਨ ਪੈਣ ਵਾਲਾ ਮਨੁੱਖ (ਪਰਮਾਤਮਾ ਦੇ ਗੁਣਾਂ ਨੂੰ) ਮੁੜ ਮੁੜ ਵਿਚਾਰ ਕੇ (ਜੀਵਨ ਦਾ) ਨਿਚੋੜ (ਉੱਚਾ ਸੁੱਚਾ ਜੀਵਨ) ਪ੍ਰਾਪਤ ਕਰ ਲੈਂਦਾ ਹੈ ।੪।੫।੫੭।

ਆਸਾ ਮਹਲਾ ੪ ॥ ਨਾਮੁ ਸੁਣੀ ਨਾਮੋ ਮਨਿ ਭਾਵੈ ॥ ਵਡੈ ਭਾਗਿ ਗੁਰਮੁਖਿ ਹਰਿ ਪਾਵੈ ॥੧॥ ਨਾਮੁ ਜਪਹੁ ਗੁਰਮੁਖਿ ਪਰਗਾਸਾ ॥ ਨਾਮ ਬਿਨਾ ਮੈ ਧਰ ਨਹੀ ਕਾਈ ਨਾਮੁ ਰਵਿਆ ਸਭ ਸਾਸ ਗਿਰਾਸਾ ॥੧॥ ਰਹਾਉ ॥ ਨਾਮੈ ਸੁਰਤਿ ਸੁਨੀ ਮਨਿ ਭਾਈ ॥ ਜੋ ਨਾਮੁ ਸੁਨਾਵੈ ਸੋ ਮੇਰਾ ਮੀਤੁ ਸਖਾਈ ॥੨॥ ਨਾਮਹੀਣ ਗਏ ਮੂੜ ਨੰਗਾ ॥ ਪਚਿ ਪਚਿ ਮੁਏ ਬਿਖੁ ਦੇਖਿ ਪਤੰਗਾ ॥੩॥ ਆਪੇ ਥਾਪੇ ਥਾਪਿ ਉਥਾਪੇ ॥ ਨਾਨਕ ਨਾਮੁ ਦੇਵੈ ਹਰਿ ਆਪੇ ॥੪॥੬॥੫੮॥ {ਪੰਨਾ 367}

ਪਦਅਰਥ:- ਸੁਣੀ—ਸੁਣੀਂ, ਮੈਂ ਸੁਣਦਾ ਹਾਂ । ਨਾਮੋ—ਨਾਮ ਹੀ । ਮਨਿ—ਮਨ ਵਿਚ । ਗੁਰਮੁਖਿ—ਗੁਰੂ ਦੀ ਸਰਨ ਪੈਣ ਵਾਲਾ ਮਨੁੱਖ ।੧।

ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਪਰਗਾਸਾ—ਚਾਨਣ । ਧਰ—ਆਸਰਾ । ਮੈ—ਮੈਨੂੰ । ਰਵਿਆ—ਸਿਮਰਿਆ । ਸਾਸ ਗਿਰਾਸਾ—ਸਾਹ ਤੇ ਗਿਰਾਹੀ ਨਾਲ ।੧।ਰਹਾਉ।

ਨਾਮੈ ਸੁਰਤਿ—ਨਾਮ ਦੀ ਹੀ ਸ੍ਰੋਤ । ਭਾਈ—ਪਿਆਰੀ ਲੱਗੀ । ਸਖਾਈ—ਸਾਥੀ ।੨।

ਮੂੜ—ਮੂਰਖ । ਨੰਗਾ—ਨੰਗੇ, ਕੰਗਾਲ । ਪਚਿ ਪਚਿ—ਸੜ ਸੜ ਕੇ, ਖ਼ੁਆਰ ਹੋ ਹੋ ਕੇ । ਮੁਏ—ਆਤਮਕ ਮੌਤੇ ਮਰੇ । ਬਿਖੁ—ਜ਼ਹਰ । ਦੇਖਿ—ਵੇਖ ਕੇ ।੩।

ਥਾਪੇ—ਸਾਜਦਾ ਹੈ । ਥਾਪਿ—ਸਾਜ ਕੇ । ਉਥਾਪੇ—ਨਾਸ ਕਰਦਾ ਹੈ । ਆਪੇ—ਆਪ ਹੀ ।੪।

ਅਰਥ:- (ਹੇ ਭਾਈ!) ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਜਪਿਆ ਕਰੋ (ਨਾਮ ਸਿਮਰਨ ਦੀ ਬਰਕਤਿ ਨਾਲ ਅੰਦਰ ਉਚੇ ਆਤਮਕ ਜੀਵਨ ਦਾ) ਚਾਨਣ ਹੋ ਜਾਇਗਾ । ਪਰਮਾਤਮਾ ਦੇ ਨਾਮ ਤੋਂ ਬਿਨਾ ਮੈਨੂੰ (ਤਾਂ ਆਤਮਕ ਜੀਵਨ ਵਾਸਤੇ) ਹੋਰ ਕੋਈ ਆਸਰਾ ਨਹੀਂ ਦਿੱਸਦਾ (ਇਸ ਵਾਸਤੇ) ਮੈਂ ਹਰੇਕ ਸਾਹ ਨਾਲ, ਹਰੇਕ ਗਿਰਾਹੀ ਨਾਲ ਪ੍ਰਭੂ ਦਾ ਨਾਮ ਸਿਮਰਦਾ ਰਹਿੰਦਾ ਹਾਂ ।੧।ਰਹਾਉ।

(ਹੇ ਭਾਈ!) ਮੈਂ (ਸਦਾ ਪਰਮਾਤਮਾ ਦਾ) ਨਾਮ ਸੁਣਦਾ ਰਹਿੰਦਾ ਹਾਂ, ਨਾਮ ਹੀ ਮੇਰੇ ਮਨ ਵਿਚ ਪਿਆਰਾ ਲੱਗ ਰਿਹਾ ਹੈ । ਗੁਰੂ ਦੀ ਸਰਨ ਪੈਣ ਵਾਲਾ ਮਨੁੱਖ ਵੱਡੀ ਕਿਸਮਤਿ ਨਾਲ ਇਹ ਹਰਿ-ਨਾਮ ਪ੍ਰਾਪਤ ਕਰ ਲੈਂਦਾ ਹੈ ।੧।

(ਹੇ ਭਾਈ!) ਜਦੋਂ ਤੋਂ ਮੈਂ ਹਰਿ-ਨਾਮ ਦੀ ਸ੍ਰੋਤ ਸੁਣੀ ਹੈ (ਤਦੋਂ ਤੋਂ ਮੇਰੇ) ਮਨ ਵਿਚ ਪਿਆਰੀ ਲੱਗ ਰਹੀ ਹੈ । ਉਹੀ ਮਨੁੱਖ ਮੇਰਾ ਮਿੱਤਰ ਹੈ, ਮੇਰਾ ਸਾਥੀ ਹੈ ਜੇਹੜਾ ਮੈਨੂੰ ਪਰਮਾਤਮਾ ਦਾ ਨਾਮ ਸੁਣਾਂਦਾ ਹੈ ।੨।

(ਹੇ ਭਾਈ!) ਪਰਮਾਤਮਾ ਦੇ ਨਾਮ ਤੋਂ ਵਾਂਜੇ ਹੋਏ ਮੂਰਖ ਮਨੁੱਖ (ਇਥੋਂ) ਖ਼ਾਲੀ ਹੱਥ ਚਲੇ ਜਾਂਦੇ ਹਨ, (ਜਿਵੇਂ) ਪਤੰਗ (ਬਲਦੇ ਦੀਵੇ ਨੂੰ) ਵੇਖ ਕੇ (ਸੜ ਮਰਦਾ ਹੈ, ਤਿਵੇਂ ਨਾਮ-ਹੀਨ ਮਨੁੱਖ ਆਤਮਕ ਮੌਤ ਲਿਆਉਣ ਵਾਲੀ ਮਾਇਆ ਦੇ) ਜ਼ਹਰ ਵਿਚ ਖ਼ੁਆਰ ਹੋ ਹੋ ਕੇ ਆਤਮਕ ਮੌਤੇ ਮਰਦੇ ਹਨ ।੩।

(ਪਰ), ਹੇ ਨਾਨਕ! (ਜੀਵਾਂ ਦੇ ਭੀ ਕੀਹ ਵੱਸ?) ਜੇਹੜਾ ਪਰਮਾਤਮਾ ਆਪ ਹੀ ਜਗਤ-ਰਚਨਾ ਰਚਦਾ ਹੈ ਜੇਹੜਾ ਆਪ ਹੀ ਰਚ ਕੇ ਨਾਸ ਭੀ ਕਰਦਾ ਹੈ ਉਹ ਪਰਮਾਤਮਾ ਆਪ ਹੀ ਹਰਿ-ਨਾਮ ਦੀ ਦਾਤਿ ਦੇਂਦਾ ਹੈ ।੪।੬।੫੮।

ਆਸਾ ਮਹਲਾ ੪ ॥ ਗੁਰਮੁਖਿ ਹਰਿ ਹਰਿ ਵੇਲਿ ਵਧਾਈ ॥ ਫਲ ਲਾਗੇ ਹਰਿ ਰਸਕ ਰਸਾਈ ॥੧॥ ਹਰਿ ਹਰਿ ਨਾਮੁ ਜਪਿ ਅਨਤ ਤਰੰਗਾ ॥ ਜਪਿ ਜਪਿ ਨਾਮੁ ਗੁਰਮਤਿ ਸਾਲਾਹੀ ਮਾਰਿਆ ਕਾਲੁ ਜਮਕੰਕਰ ਭੁਇਅੰਗਾ ॥੧॥ ਰਹਾਉ ॥ ਹਰਿ ਹਰਿ ਗੁਰ ਮਹਿ ਭਗਤਿ ਰਖਾਈ ॥ ਗੁਰੁ ਤੁਠਾ ਸਿਖ ਦੇਵੈ ਮੇਰੇ ਭਾਈ ॥੨॥ ਹਉਮੈ ਕਰਮ ਕਿਛੁ ਬਿਧਿ ਨਹੀ ਜਾਣੈ ॥ ਜਿਉ ਕੁੰਚਰੁ ਨਾਇ ਖਾਕੁ ਸਿਰਿ ਛਾਣੈ ॥੩॥ ਜੇ ਵਡ ਭਾਗ ਹੋਵਹਿ ਵਡ ਊਚੇ ॥ ਨਾਨਕ ਨਾਮੁ ਜਪਹਿ ਸਚਿ ਸੂਚੇ ॥੪॥੭॥੫੯॥ {ਪੰਨਾ 367}

ਪਦਅਰਥ:- ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ । ਵਧਾਈ—ਪਾਲ ਕੇ ਵੱਡੀ ਕੀਤੀ । ਹਰਿ ਰਸਕ—ਹਰਿ-ਨਾਮ ਦੇ ਰਸੀਏ । ਰਸਾਈ—ਰਸ ਦੇਣ ਵਾਲੇ, ਸੁਆਦਲੇ ।੧।

ਹਰਿ ਅਨਤ ਤਰੰਗਾ—ਬੇਅੰਤ ਲਹਰਾਂ ਦਾ ਮਾਲਕ ਹਰੀ । ਅਨਤ—ਅਨੰਤ, ਬਿਅੰਤ । ਤਰੰਗ—ਲਹਰਾਂ । ਸਾਲਾਹੀ—ਸਿਫ਼ਤਿ-ਸਾਲਾਹ ਕਰ । ਕਾਲੁ—ਮੌਤ, ਆਤਮਕ ਮੌਤ, ਮੌਤ ਦਾ ਡਰ । ਜਮ ਕੰਕਰ—{ਕਿੰਕਰ—ਨੌਕਰ} ਜਮਦੂਤ । ਭੁਇਅੰਗਾ—ਸੱਪ ।੧।ਰਹਾਉ।

ਮਹਿ—ਵਿਚ । ਤੁਠਾ—ਪ੍ਰਸੰਨ । ਸਿਖ—ਸਿੱਖ ਨੂੰ, ਸਿਖਾਂ ਨੂੰ । ਭਾਈ—ਹੇ ਭਾਈ! ।੨।

ਬਿਧਿ—ਤਰੀਕਾ । ਕੁੰਚਰੁ—ਹਾਥੀ । ਨਾਈ—ਨ੍ਹਾ ਕੇ । ਸਿਰਿ—ਸਿਰ ਉਤੇ ।੩।

ਹੋਵਹਿ—ਹੋ ਜਾਣ । ਜਪਹਿ—ਜਪਦੇ ਹਨ । ਸਚਿ—ਸਦਾ-ਥਿਰ ਪ੍ਰਭੂ ਵਿਚ (ਜੁੜ ਕੇ) । ਸੁਚੇ—ਪਵਿਤ੍ਰ ।੪।

ਅਰਥ—(ਹੇ ਭਾਈ! ਜਗਤ ਦੇ ਅਨੇਕਾਂ ਜੀਆ-ਜੰਤ-ਰੂਪ) ਬੇਅੰਤ ਲਹਰਾਂ ਦੇ ਮਾਲਕ ਪਰਮਾਤਮਾ ਦਾ ਨਾਮ ਸਿਮਰ । ਗੁਰੂ ਦੀ ਮਤਿ ਲੈ ਕੇ ਮੁੜ ਮੁੜ ਹਰਿ-ਨਾਮ ਸਿਮਰ ਤੇ ਸਿਫ਼ਤਿ-ਸਾਲਾਹ ਕਰਦਾ ਰਹੁ । (ਜਿਸ ਮਨੁੱਖ ਨੇ ਨਾਮ ਜਪਿਆ, ਜਿਸ ਨੇ ਸਿਫ਼ਤਿ-ਸਾਲਾਹ ਕੀਤੀ ਉਸ ਨੇ ਮਨ-) ਸੱਪ ਨੂੰ ਮਾਰ ਲਿਆ, ਉਸ ਨੇ ਮੌਤ ਦੇ ਡਰ ਨੂੰ ਮੁਕਾ ਲਿਆ, ਉਸ ਨੇ ਜਮਦੂਤਾਂ ਨੂੰ ਮਾਰ ਲਿਆ । ਜਮਦੂਤ ਉਸ ਦੇ ਨੇੜੇ ਨਹੀਂ ਢੁਕਦੇ ।੧।ਰਹਾਉ।

(ਹੇ ਭਾਈ! ਪਰਮਾਤਮਾ ਦਾ ਨਾਮ, ਮਾਨੋ, ਵੇਲ ਹੈ) ਗੁਰੂ ਦੀ ਸਰਨ ਪੈਣ ਵਾਲੇ ਮਨੁੱਖਾਂ ਨੇ ਇਸ ਹਰਿ-ਨਾਮ-ਵੇਲ ਨੂੰ (ਸਿਮਰਨ ਦਾ ਜਲ ਸਿੰਜ ਸਿੰਜ ਕੇ ਆਪਣੇ ਅੰਦਰ) ਵਡੀ ਕਰ ਲਿਆ ਹੈ, (ਉਹਨਾਂ ਦੇ ਅੰਦਰ ਉਹਨਾਂ ਦੇ ਆਤਮਕ ਜੀਵਨ ਵਿਚ ਇਸ ਵੇਲ ਨੂੰ) ਰਸ ਦੇਣ ਵੇਲੇ ਸੁਆਦਲੇ (ਆਤਮਕ ਗੁਣਾਂ ਦੇ) ਫਲ ਲੱਗਦੇ ਹਨ ।੧।

ਹੇ ਮੇਰੇ ਭਾਈ! ਪਰਮਾਤਮਾ ਨੇ (ਆਪਣੀ) ਭਗਤੀ ਗੁਰੂ ਵਿਚ ਟਿਕਾ ਰੱਖੀ ਹੈ, ਤੇ ਗੁਰੂ ਪ੍ਰਸੰਨ ਹੋ ਕੇ (ਭਗਤੀ ਦੀ ਇਹ ਦਾਤਿ) ਸਿੱਖ ਨੂੰ ਦੇਂਦਾ ਹੈ ।੨।

(ਪਰ ਜੇਹੜਾ ਮਨੁੱਖ ਗੁਰੂ ਦੀ ਸਰਨ ਨਹੀਂ ਪੈਂਦਾ ਤੇ ਆਪਣੀ) ਹਉਮੈ ਵਿਚ ਹੀ (ਆਪਣੇ ਵਲੋਂ ਧਾਰਮਿਕ) ਕੰਮ (ਭੀ ਕਰਦਾ ਹੈ, ਉਹ ਪਰਮਾਤਮਾ ਦੀ) ਭਗਤੀ ਦੀ ਰਤਾ ਭੀ ਸਾਰ ਨਹੀਂ ਜਾਣਦਾ (ਹਉਮੈ ਦੇ ਆਸਰੇ ਕੀਤੇ ਹੋਏ ਉਸ ਦੇ ਧਾਰਮਿਕ ਕੰਮ ਇਉਂ ਹਨ) ਜਿਵੇਂ ਹਾਥੀ ਨ੍ਹਾ ਕੇ ਆਪਣੇ ਸਿਰ ਤੇ ਮਿੱਟੀ ਪਾ ਲੈਂਦਾ ਹੈ ।੩।

ਹੇ ਨਾਨਕ! ਜੇ ਵੱਡੇ ਭਾਗ ਹੋਣ, ਜੇ ਬੜੇ ਉਚੇ ਭਾਗ ਹੋਣ ਤਾਂ ਮਨੁੱਖ (ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ) ਨਾਮ ਜਪਦੇ ਹਨ (ਇਸ ਤਰ੍ਹਾਂ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਜੁੜ ਕੇ ਉਹ ਪਵਿਤ੍ਰ ਜੀਵਨ ਵਾਲੇ ਬਣ ਜਾਂਦੇ ਹਨ ।੪।੭।੫੯।

ਆਸਾ ਮਹਲਾ ੪ ॥ ਹਰਿ ਹਰਿ ਨਾਮ ਕੀ ਮਨਿ ਭੂਖ ਲਗਾਈ ॥ ਨਾਮਿ ਸੁਨਿਐ ਮਨੁ ਤ੍ਰਿਪਤੈ ਮੇਰੇ ਭਾਈ ॥੧॥ ਨਾਮੁ ਜਪਹੁ ਮੇਰੇ ਗੁਰਸਿਖ ਮੀਤਾ ॥ ਨਾਮੁ ਜਪਹੁ ਨਾਮੇ ਸੁਖੁ ਪਾਵਹੁ ਨਾਮੁ ਰਖਹੁ ਗੁਰਮਤਿ ਮਨਿ ਚੀਤਾ ॥੧॥ ਰਹਾਉ ॥ ਨਾਮੋ ਨਾਮੁ ਸੁਣੀ ਮਨੁ ਸਰਸਾ ॥ ਨਾਮੁ ਲਾਹਾ ਲੈ ਗੁਰਮਤਿ ਬਿਗਸਾ ॥੨॥ ਨਾਮ ਬਿਨਾ ਕੁਸਟੀ ਮੋਹ ਅੰਧਾ ॥ ਸਭ ਨਿਹਫਲ ਕਰਮ ਕੀਏ ਦੁਖੁ ਧੰਧਾ ॥੩॥ ਹਰਿ ਹਰਿ ਹਰਿ ਜਸੁ ਜਪੈ ਵਡਭਾਗੀ ॥ ਨਾਨਕ ਗੁਰਮਤਿ ਨਾਮਿ ਲਿਵ ਲਾਗੀ ॥੪॥੮॥੬੦॥

{ਪੰਨਾ 367}

ਪਦਅਰਥ:- ਮਨਿ—ਮਨ ਵਿਚ । ਨਾਮਿ ਸੁਨਿਐ—ਜੇ ਹਰਿ-ਨਾਮ ਸੁਣਦੇ ਰਹੀਏ । ਤ੍ਰਿਪਤੈ—ਰਜ ਜਾਂਦਾ ਹੈ । ਭਾਈ—ਹੇ ਵੀਰ! ।੧।

ਨਾਮੇ—ਨਾਮ ਵਿਚ ਹੀ । ਮਨਿ—ਮਨ ਵਿਚ ।੧।ਰਹਾਉ।

ਨਾਮੋ ਨਾਮੁ—ਨਾਮ ਹੀ ਨਾਮ । ਸੁਣੀ—ਸੁਣ ਸੁਣ ਕੇ । ਸਰਸਾ—{ਸ-ਰਸ} ਹਰਾ, ਜੀਵਨ-ਰਸ ਵਾਲਾ । ਲਾਹਾ—ਲਾਭ । ਬਿਗਸਾ—ਖਿੜ ਪੈਂਦਾ ਹੈ ।੨।

ਕੁਸਟੀ—ਕੋਹੜਾ । ਨਿਹਫਲ—ਵਿਅਰਥ । ਧੰਧਾ—ਮਾਇਆ ਦਾ ਜੰਜਾਲ ।੩।

ਜਸੁ—ਸਿਫ਼ਤਿ-ਸਾਲਾਹ । ਨਾਮਿ—ਨਾਮ ਵਿਚ । ਲਿਵ—ਲਗਨ ।੪।

ਅਰਥ:- ਹੇ ਮੇਰੇ ਗੁਰੂ ਦੇ ਸਿੱਖੋ! ਹੇ ਮੇਰੇ ਮਿੱਤਰੋ! (ਸਦਾ ਪਰਮਾਤਮਾ ਦਾ) ਨਾਮ ਜਪਦੇ ਰਹੋ, ਨਾਮ ਜਪਦੇ ਰਹੋ । ਨਾਮ ਵਿਚ ਜੁੜ ਕੇ ਆਤਮਕ ਆਨੰਦ ਮਾਣੋ, ਗੁਰੂ ਦੀ ਮਤਿ ਦੀ ਰਾਹੀਂ ਪਰਮਾਤਮਾ ਦੇ ਨਾਮ ਨੂੰ ਆਪਣੇ ਮਨ ਵਿਚ, ਆਪਣੇ ਚਿਤ ਵਿਚ ਟਿਕਾਈ ਰੱਖੋ ।੧।ਰਹਾਉ ।

ਹੇ ਮੇਰੇ ਵੀਰ! (ਮੇਰੇ) ਮਨ ਵਿਚ ਸਦਾ ਪਰਮਾਤਮਾ ਦੀ ਭੁੱਖ ਲੱਗੀ ਰਹਿੰਦੀ ਹੈ (ਇਸ ਭੁੱਖ ਦੀ ਬਰਕਤਿ ਨਾਲ ਮਾਇਆ ਦੀ ਭੁੱਖ ਨਹੀਂ ਲੱਗਦੀ, ਕਿਉਂਕਿ) ਜੇ ਪਰਮਾਤਮਾ ਦਾ ਨਾਮ ਸੁਣਦੇ ਰਹੀਏ ਤਾਂ ਮਨ (ਮਾਇਆ ਵਲੋਂ) ਰੱਜਿਆ ਰਹਿੰਦਾ ਹੈ ।੧।

(ਹੇ ਮੇਰੇ ਵੀਰ!) ਸਦਾ ਪਰਮਾਤਮਾ ਦਾ ਨਾਮ ਹੀ ਨਾਮ ਸੁਣ ਕੇ ਮਨ (ਪ੍ਰੇਮ ਦਇਆ ਆਦਿਕ ਗੁਣਾਂ ਨਾਲ) ਹਰਾ ਹੋਇਆ ਰਹਿੰਦਾ ਹੈ । ਗੁਰੂ ਦੀ ਮਤਿ ਦੀ ਬਰਕਤਿ ਨਾਲ ਪਰਮਾਤਮਾ ਦਾ ਨਾਮ ਖੱਟ ਖੱਟ ਕੇ ਮਨ ਖੁਸ਼ ਟਿਕਿਆ ਰਹਿੰਦਾ ਹੈ ।੨।

(ਜਿਵੇਂ ਕੋਈ ਕੋਹੜਾ, ਕੋਹੜ ਦੇ ਦਰਦਾਂ ਨਾਲ ਵਿਲਕਦਾ ਹੈ, ਤਿਵੇਂ) ਪਰਮਾਤਮਾ ਦੇ ਨਾਮ ਤੋਂ ਵਿੱਛੁੜਿਆ ਹੋਇਆ ਮਨੁੱਖ ਆਤਮਕ ਰੋਗਾਂ ਨਾਲ ਗ੍ਰਸਿਆ ਹੋਇਆ ਦੁਖੀ ਹੁੰਦਾ ਰਹਿੰਦਾ ਹੈ, ਮਾਇਆ ਦਾ ਮੋਹ ਉਸ ਨੂੰ (ਸਹੀ ਜੀਵਨ-ਜੁਗਤ ਵਲੋਂ) ਅੰਨ੍ਹਾ ਕਰੀ ਰੱਖਦਾ ਹੈ । ਹੋਰ ਜਿਤਨੇ ਭੀ ਕੰਮ ਉਹ ਕਰਦਾ ਹੈ, ਸਭ ਵਿਅਰਥ ਜਾਂਦੇ ਹਨ, ਉਹ ਕੰਮ ਉਸ ਨੂੰ (ਆਤਮਕ) ਦੁੱਖ ਹੀ ਦੇਂਦੇ ਹਨ, ਉਸ ਲਈ ਮਾਇਆ ਦਾ ਜਾਲ ਹੀ ਬਣੇ ਰਹਿੰਦੇ ਹਨ ।੩।

ਹੇ ਨਾਨਕ! ਵੱਡੇ ਭਾਗਾਂ ਵਾਲਾ ਹੈ ਉਹ ਮਨੁੱਖ ਜੇਹੜਾ (ਗੁਰੂ ਦੀ ਮਤਿ ਲੈ ਕੇ) ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹੈ । ਗੁਰੂ ਦੀ ਮਤਿ ਦੀ ਬਰਕਤਿ ਨਾਲ ਪਰਮਾਤਮਾ ਦੇ ਨਾਮ ਵਿਚ ਲਗਨ ਬਣੀ ਰਹਿੰਦੀ ਹੈ ।੪।੮।੬੦।

ੴ ਸਤਿਗੁਰ ਪ੍ਰਸਾਦਿ ॥ ਮਹਲਾ ੪ ਰਾਗੁ ਆਸਾ ਘਰੁ ੬ ਕੇ ੩ ॥ ਹਥਿ ਕਰਿ ਤੰਤੁ ਵਜਾਵੈ ਜੋਗੀ ਥੋਥਰ ਵਾਜੈ ਬੇਨ ॥ ਗੁਰਮਤਿ ਹਰਿ ਗੁਣ ਬੋਲਹੁ ਜੋਗੀ ਇਹੁ ਮਨੂਆ ਹਰਿ ਰੰਗਿ ਭੇਨ ॥੧॥ ਜੋਗੀ ਹਰਿ ਦੇਹੁ ਮਤੀ ਉਪਦੇਸੁ ॥ ਜੁਗੁ ਜੁਗੁ ਹਰਿ ਹਰਿ ਏਕੋ ਵਰਤੈ ਤਿਸੁ ਆਗੈ ਹਮ ਆਦੇਸੁ ॥੧॥ ਰਹਾਉ ॥ ਗਾਵਹਿ ਰਾਗ ਭਾਤਿ ਬਹੁ ਬੋਲਹਿ ਇਹੁ ਮਨੂਆ ਖੇਲੈ ਖੇਲ ॥ ਜੋਵਹਿ ਕੂਪ ਸਿੰਚਨ ਕਉ ਬਸੁਧਾ ਉਠਿ ਬੈਲ ਗਏ ਚਰਿ ਬੇਲ ॥੨॥ ਕਾਇਆ ਨਗਰ ਮਹਿ ਕਰਮ ਹਰਿ ਬੋਵਹੁ ਹਰਿ ਜਾਮੈ ਹਰਿਆ ਖੇਤੁ ॥ ਮਨੂਆ ਅਸਥਿਰੁ ਬੈਲੁ ਮਨੁ ਜੋਵਹੁ ਹਰਿ ਸਿੰਚਹੁ ਗੁਰਮਤਿ ਜੇਤੁ ॥੩॥ ਜੋਗੀ ਜੰਗਮ ਸ੍ਰਿਸਟਿ ਸਭ ਤੁਮਰੀ ਜੋ ਦੇਹੁ ਮਤੀ ਤਿਤੁ ਚੇਲ ॥ ਜਨ ਨਾਨਕ ਕੇ ਪ੍ਰਭ ਅੰਤਰਜਾਮੀ ਹਰਿ ਲਾਵਹੁ ਮਨੂਆ ਪੇਲ ॥੪॥੯॥੬੧॥ {ਪੰਨਾ 368}

ਪਦਅਰਥ:- ਘਰੁ ੬ ਕੇ ੩—ਘਰ ਛੇਵੇਂ ਦੇ ਤਿੰਨ ਸ਼ਬਦ (ਨੰ: ੯, ੧੦ ਅਤੇ ੧੧) ।

ਹਥਿ—ਹੱਥ ਵਿਚ । ਕਰਿ—ਕਰ ਕੇ, (ਕਿੰਗੁਰੀ) ਫੜ ਕੇ । ਤੰਤੁ—ਤਾਰ । ਥੋਥਰ—ਖ਼ਾਲੀ, ਵਿਅਰਥ, ਬੇ-ਅਸਰ । ਬੇਨ—ਬੀਣਾ, ਕਿੰਗੁਰੀ । ਜੋਗੀ—ਹੇ ਜੋਗੀ! ਰੰਗਿ—ਰੰਗ ਵਿਚ । ਭੇਨ—ਭਿੱਜ ਜਾਏ ।੧।

ਮਤੀ—ਮਤਿ, ਅਕਲ । ਏਕੋ—ਇੱਕ ਹੀ, ਆਪ ਹੀ । ਵਰਤੈ—ਮੌਜੂਦ ਰਹਿੰਦਾ ਹੈ । ਹਮ—ਸਾਡੀ । ਆਦੇਸੁ—ਨਮਸਕਾਰ ।੧।ਰਹਾਉ।

ਗਾਵਹਿ—ਗਾਂਦੇ ਹਨ । ਭਾਤਿ ਬਹੁ—ਕਈ ਤਰੀਕਿਆਂ ਨਾਲ । ਖੇਲ—ਖੇਡਾਂ । ਜੋਵਹਿ—ਜੋਂਦੇ ਹਨ । ਕੂਪ—ਖੂਹ । ਸਿੰਚਨ ਕਉ—ਸਿੰਜਣ ਵਾਸਤੇ । ਬਸੁਧਾ—ਧਰਤੀ । ਉਠਿ—ਉੱਠ ਕੇ ।੨।

ਕਾਇਆ—ਸਰੀਰ । ਕਰਮ ਹਰਿ—ਹਰਿ-ਨਾਮ-ਸਿਮਰਨ ਦੇ ਕੰਮ । ਬੋਵਹੁ—ਬੀਜੋ । ਜਾਮੈ—ਜੰਮਦਾ ਹੈ, ਉੱਗਦਾ ਹੈ । ਅਸਥਿਰੁ—ਅਡੋਲ, ਟਿਕਿਆ ਹੋਇਆ । ਜੇਤੁ—ਜਿਤੁ, ਜਿਸ ਮਨ-ਬੈਲ ਦੀ ਰਾਹੀਂ ।੩।

ਜੰਗਮ—ਜੋਗੀਆਂ ਦਾ ਇਕ ਫ਼ਿਰਕਾ । ਇਹ ਕੰਨਾਂ ਵਿਚ ਪਿੱਤਲ ਦੇ ਫੁੱਲ ਪਾਂਦੇ ਹਨ । ਸਿਰ ਉਤੇ ਮੋਰ ਦੇ ਖੰਭ ਟੁੰਗਦੇ ਹਨ ਤੇ ਸੱਪ ਦੀ ਸ਼ਕਲ ਦੀ ਕਾਲੀ ਰੱਸੀ ਲਪੇਟ ਰੱਖਦੇ ਹਨ । ਤਿਤੁ—ਉਸ ਪਾਸੇ । ਚੇਲ—ਚੱਲਦੀ ਹੈ । ਪੇਲ—ਪੇਲਿ, ਪ੍ਰੇਰ ਕੇ ।੪।

ਅਰਥ:- ਹੇ ਜੋਗੀ! ਤੁਸੀ (ਆਪਣੇ ਮਨ ਨੂੰ) ਹਰਿ-ਨਾਮ ਸਿਮਰਨ ਦੀ ਅਕਲ ਸਿੱਖਿਆ ਦਿਆ ਕਰੋ । ਉਹ ਪਰਮਾਤਮਾ ਹਰੇਕ ਜੁਗ ਵਿਚ ਆਪ ਹੀ ਆਪ ਸਭ ਕੁਝ ਕਰਦਾ ਰਹਿੰਦਾ ਹੈ । ਮੈਂ ਤਾਂ ਉਸ ਪਰਮਾਤਮਾ ਅੱਗੇ ਹੀ ਸਦਾ ਸਿਰ ਨਿਵਾਂਦਾ ਹਾਂ ।੧।ਰਹਾਉ।

ਜੋਗੀ (ਕਿੰਗੁਰੀ) ਹੱਥ ਵਿਚ ਫੜ ਕੇ ਤਾਰ ਵਜਾਂਦਾ ਹੈ, ਪਰ ਉਸ ਦੀ ਕਿੰਗੁਰੀ ਬੇਅਸਰ ਹੀ ਵੱਜਦੀ ਹੈ (ਕਿਉਂਕਿ ਮਨ ਹਰਿ-ਨਾਮ ਤੋਂ ਸੁੰਞਾ ਟਿਕਿਆ ਰਹਿੰਦਾ ਹੈ) । ਹੇ ਜੋਗੀ! ਗੁਰੂ ਦੀ ਸਿੱਖਿਆ ਲੈ ਕੇ ਪਰਮਾਤਮਾ ਦੇ ਗੁਣਾਂ ਦਾ ਉਚਾਰਨ ਕਰਦਾ ਰਿਹਾ ਕਰ (ਇਸ ਤਰ੍ਹਾਂ) ਇਹ (ਅਮੋੜ) ਮਨ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਭਿੱਜਿਆ ਰਹਿੰਦਾ ਹੈ ।੧।

ਜੋਗੀ ਲੋਕ ਰਾਗ ਗਾਂਦੇ ਹਨ, ਹੋਰ ਭੀ ਕਈ ਕਿਸਮ ਦੇ ਬੋਲ ਬੋਲਦੇ ਹਨ, ਪਰ ਉਹਨਾਂ ਦਾ ਇਹ ਅਮੋੜ ਮਨ ਹੋਰ ਖੇਡਾਂ ਹੀ ਖੇਡਦਾ ਰਹਿੰਦਾ ਹੈ (ਕਿੰਗੁਰੀ ਆਦਿਕ ਦਾ ਮਨ ਤੇ ਅਸਰ ਨਹੀਂ ਪੈਂਦਾ, ਉਹਨਾਂ ਦੀ ਹਾਲਤ ਇਉਂ ਹੀ ਹੁੰਦੀ ਹੈ, ਜਿਵੇਂ ਕਿਸਾਨ) ਪੈਲੀ ਸਿੰਜਣ ਵਾਸਤੇ ਖੂਹ ਜੋਂਦੇ ਹਨ, ਪਰ ਉਹਨਾਂ ਦੇ (ਆਪਣੇ) ਬੈਲ (ਹੀ) ਉੱਠ ਕੇ ਵੇਲਾਂ ਆਦਿਕ ਖਾ ਜਾਂਦੇ ਹਨ ।੨।

(ਹੇ ਜੋਗੀ!) ਇਸ ਸਰੀਰ-ਨਗਰ ਵਿਚ ਹਰਿ-ਨਾਮ ਸਿਮਰਨ ਦੇ ਕਰਮ ਬੀਜੋ; (ਜੇਹੜਾ ਮਨੁੱਖ ਆਪਣੇ ਹਿਰਦੇ-ਖੇਤ ਵਿਚ ਹਰਿ-ਨਾਮ ਬੀਜ ਬੀਜਦਾ ਹੈ, ਉਸ ਦੇ ਅੰਦਰ) ਹਰਿ-ਨਾਮ ਦਾ ਸੋਹਣਾ ਹਰਾ ਖੇਤ ਉੱਗ ਪੈਂਦਾ ਹੈ । (ਹੇ ਜੋਗੀ! ਸਿਮਰਨ ਦੀ ਬਰਕਤਿ ਨਾਲ) ਇਸ ਮਨ ਨੂੰ ਡੋਲਣ ਤੋਂ ਰੋਕੋ, ਇਸ ਟਿਕੇ ਹੋਏ ਮਨ-ਬੈਲ ਨੂੰ ਜੋਵੋ, ਜਿਸ ਨਾਲ ਗੁਰੂ ਦੀ ਮਤਿ ਦੀ ਰਾਹੀਂ (ਆਪਣੇ ਅੰਦਰ) ਹਰਿ-ਨਾਮ ਜਲ ਸਿੰਜੋ ।੩।

(ਪਰ, ਹੇ ਪ੍ਰਭੂ! ਜੀਵਾਂ ਦੇ ਕੀਹ ਵੱਸ?) ਜੋਗੀ, ਜੰਗਮ ਆਦਿਕ ਇਹ ਸਾਰੀ ਸ੍ਰਿਸ਼ਟੀ ਤੇਰੀ ਹੀ ਰਚੀ ਹੋਈ ਹੈ, ਆਪ ਜੇਹੜੀ ਮਤਿ ਇਸ ਸ੍ਰਿਸ਼ਟੀ ਨੂੰ ਦੇਂਦਾ ਹੈਂ ਉਧਰ ਹੀ ਇਹ ਤੁਰਦੀ ਹੈ ।

ਦਾਸ ਨਾਨਕ ਦੇ ਹੇ ਅੰਤਰਜਾਮੀ ਪ੍ਰਭੂ! ਸਾਡੇ ਮਨ ਨੂੰ ਪ੍ਰੇਰ ਕੇ ਤੂੰ ਆਪ ਹੀ ਆਪਣੇ ਚਰਨਾਂ ਵਿਚ ਜੋੜ ।੪।੯।੬੧।

ਆਸਾ ਮਹਲਾ ੪ ॥ ਕਬ ਕੋ ਭਾਲੈ ਘੁੰਘਰੂ ਤਾਲਾ ਕਬ ਕੋ ਬਜਾਵੈ ਰਬਾਬੁ ॥ ਆਵਤ ਜਾਤ ਬਾਰ ਖਿਨੁ ਲਾਗੈ ਹਉ ਤਬ ਲਗੁ ਸਮਾਰਉ ਨਾਮੁ ॥੧॥ ਮੇਰੈ ਮਨਿ ਐਸੀ ਭਗਤਿ ਬਨਿ ਆਈ ॥ ਹਉ ਹਰਿ ਬਿਨੁ ਖਿਨੁ ਪਲੁ ਰਹਿ ਨ ਸਕਉ ਜੈਸੇ ਜਲ ਬਿਨੁ ਮੀਨੁ ਮਰਿ ਜਾਈ ॥੧॥ ਰਹਾਉ ॥ ਕਬ ਕੋਊ ਮੇਲੈ ਪੰਚ ਸਤ ਗਾਇਣ ਕਬ ਕੋ ਰਾਗ ਧੁਨਿ ਉਠਾਵੈ ॥ ਮੇਲਤ ਚੁਨਤ ਖਿਨੁ ਪਲੁ ਚਸਾ ਲਾਗੈ ਤਬ ਲਗੁ ਮੇਰਾ ਮਨੁ ਰਾਮ ਗੁਨ ਗਾਵੈ ॥੨॥ ਕਬ ਕੋ ਨਾਚੈ ਪਾਵ ਪਸਾਰੈ ਕਬ ਕੋ ਹਾਥ ਪਸਾਰੈ ॥ ਹਾਥ ਪਾਵ ਪਸਾਰਤ ਬਿਲਮੁ ਤਿਲੁ ਲਾਗੈ ਤਬ ਲਗੁ ਮੇਰਾ ਮਨੁ ਰਾਮ ਸਮ੍ਹਾਰੈ ॥੩॥ ਕਬ ਕੋਊ ਲੋਗਨ ਕਉ ਪਤੀਆਵੈ ਲੋਕਿ ਪਤੀਣੈ ਨਾ ਪਤਿ ਹੋਇ ॥ ਜਨ ਨਾਨਕ ਹਰਿ ਹਿਰਦੈ ਸਦ ਧਿਆਵਹੁ ਤਾ ਜੈ ਜੈ ਕਰੇ ਸਭੁ ਕੋਇ ॥੪॥੧੦॥੬੨॥ {ਪੰਨਾ 368}

ਪਦਅਰਥ:- ਕਬ—ਕਦੋਂ, ਕਿਉਂ? ਕੋ—ਕੋਈ । ਭਾਲੈ—ਲੱਭੇ । ਆਵਤ ਜਾਤ—ਆਉਂਦਿਆਂ ਜਾਂਦਿਆਂ । ਬਾਰ—ਚਿਰ । ਖਿਨੁ—ਘੜੀ ਪਲ । ਹਉ—ਮੈਂ । ਤਬ ਲਗੁ—ਉਤਨਾ ਚਿਰ । ਸਮਾਰਉ—ਮੈਂ ਸੰਭਾਲਦਾ ਹਾਂ, ਮੈਂ ਯਾਦ ਕਰਦਾ ਹਾਂ ।੧।

ਮਨਿ—ਮਨ ਵਿਚ । ਮੀਨੁ—ਮੱਛ, ਮੱਛੀ ।੧।ਰਹਾਉ।

ਪੰਚ—ਪੰਜ ਤਾਰਾਂ । ਸਤ—ਸੱਤ ਸੁਰਾਂ । ਚਸਾ—ਥੋੜਾ ਕੁ ਸਮਾ ।੨।

ਪਾਵ—{ਲਫ਼ਜ਼ 'ਪਾਉ' ਤੋਂ ਬਹੁ-ਵਚਨ} ਪੈਰ । ਪਸਾਰੈ—ਖਿਲਾਰੇ । ਬਿਲਮੁ—ਦੇਰ । ਸਮ੍ਹਾਰੈ—ਸੰਭਾਲਦਾ ਹੈ ।੧।

ਕਉ—ਨੂੰ । ਪਤੀਆਵੈ—ਯਕੀਨ ਦਿਵਾਏ । ਲੋਕਿ ਪਤੀਣੈ—ਜੇ ਜਗਤ ਪਤੀਜ ਭੀ ਜਾਏ । ਪਤਿ—ਇੱਜ਼ਤ । ਜੈ ਜੈ—ਆਦਰ-ਸਤਕਾਰ । ਸਭੁ ਕੋਇ—ਹਰੇਕ ਜੀਵ ।੪।

ਅਰਥ:- ਕਿਉਂ ਕੋਈ ਤਾਲ ਦੇਣ ਵਾਸਤੇ ਘੁੰਘਰੂ ਲੱਭਦਾ ਫਿਰੇ? (ਭਾਵ, ਮੈਨੂੰ ਘੁੰਘਰੂਆਂ ਦੀ ਲੋੜ ਨਹੀਂ),

ਕਿਉਂ ਕੋਈ ਰਬਾਬ (ਆਦਿਕ ਸਾਜ) ਵਜਾਂਦਾ ਫਿਰੇ? (ਇਹ ਘੁੰਗਰੂ ਰਬਾਬ ਆਦਿਕ ਲਿਆਉਣ ਵਾਸਤੇ) ਆਉਂਦਿਆਂ ਜਾਂਦਿਆਂ ਕੁਝ ਨ ਕੁਝ ਸਮਾ ਲੱਗਦਾ ਹੈ । ਪਰ ਮੈਂ ਤਾਂ ਉਤਨਾ ਸਮਾ ਭੀ ਪਰਮਾਤਮਾ ਦਾ ਨਾਮ ਹੀ ਯਾਦ ਕਰਾਂਗਾ ।੧।

(ਹੇ ਭਾਈ!) ਮੇਰੇ ਮਨ ਵਿਚ ਪਰਮਾਤਮਾ ਦੀ ਭਗਤੀ ਇਹੋ ਜਿਹੀ ਬਣੀ ਪਈ ਹੈ ਕਿ ਮੈਂ ਪਰਮਾਤਮਾ ਦੀ ਯਾਦ ਤੋਂ ਬਿਨਾ ਇਕ ਘੜੀ ਪਲ ਭੀ ਰਹਿ ਨਹੀਂ ਸਕਦਾ (ਮੈਨੂੰ ਯਾਦ ਤੋਂ ਬਿਨਾ ਆਤਮਕ ਮੌਤ ਜਾਪਣ ਲੱਗ ਪੈਂਦੀ ਹੈ) ਜਿਵੇਂ ਪਾਣੀ ਤੋਂ ਵਿਛੁੜ ਕੇ ਮੱਛੀ ਮਰ ਜਾਂਦੀ ਹੈ ।੧।ਰਹਾਉ।

(ਹੇ ਭਾਈ!) ਗਾਣ ਵਾਸਤੇ ਕਿਉਂ ਕੋਈ ਪੰਜ ਤਾਰਾਂ ਤੇ ਸੱਤ ਸੁਰਾਂ ਮਿਲਾਂਦਾ ਫਿਰੇ? ਕਿਉਂ ਕੋਈ ਰਾਗ ਦੀ ਸੁਰ ਚੁੱਕਦਾ ਫਿਰੇ? ਇਹ ਤਾਰਾਂ ਸੁਰਾਂ ਮਿਲਾਂਦਿਆਂ ਤੇ ਸੁਰ ਚੁੱਕਦਿਆਂ ਕੁਝ ਨ ਕੁਝ ਸਮਾ ਜ਼ਰੂਰ ਲੱਗਦਾ ਹੈ । ਮੇਰਾ ਮਨ ਤਾਂ ਉਤਨਾ ਸਮਾ ਭੀ ਪਰਮਾਤਮਾ ਦੇ ਗੁਣ ਗਾਂਦਾ ਰਹੇਗਾ ।੨।

(ਹੇ ਭਾਈ!) ਕਿਉਂ ਕੋਈ ਨੱਚਦਾ ਫਿਰੇ? (ਨੱਚਣ ਵਾਸਤੇ) ਕਿਉਂ ਕੋਈ ਪੈਰ ਖਿਲਾਰੇ? ਕਿਉਂ ਕੋਈ ਹੱਥ ਖਿਲਾਰੇ? ਇਹਨਾਂ ਹੱਥਾਂ ਪੈਰਾਂ ਨੂੰ ਖਿਲਾਰਦਿਆਂ ਭੀ ਥੋੜਾ-ਬਹੁਤ ਸਮਾ ਲੱਗਦਾ ਹੀ ਹੈ । ਮੇਰਾ ਮਨ ਤਾਂ ਉਤਨਾ ਸਮਾਂ ਭੀ ਪਰਮਾਤਮਾ ਨੂੰ ਹਿਰਦੇ ਵਿਚ ਵਸਾਂਦਾ ਰਹੇਗਾ ।੩।

(ਹੇ ਭਾਈ! ਆਪਣੇ ਆਪ ਨੂੰ ਭਗਤ ਜ਼ਾਹਰ ਕਰਨ ਵਾਸਤੇ) ਕਿਉਂ ਕੋਈ ਲੋਕਾਂ ਨੂੰ ਯਕੀਨ ਦਿਵਾਂਦਾ ਫਿਰੇ? ਜੇ ਲੋਕਾਂ ਦੀ ਤਸੱਲੀ ਹੋ ਭੀ ਜਾਵੇ ਤਾਂ ਭੀ (ਪ੍ਰਭੂ-ਦਰ ਤੇ) ਇੱਜ਼ਤ ਨਹੀਂ ਮਿਲੇਗੀ । ਹੇ ਦਾਸ ਨਾਨਕ! (ਆਖ—ਹੇ ਭਾਈ!) ਸਦਾ ਆਪਣੇ ਹਿਰਦੇ ਵਿਚ ਪਰਮਾਤਮਾ ਨੂੰ ਸਿਮਰਦੇ ਰਹੋ, ਇਸ ਤਰ੍ਹਾਂ ਹਰੇਕ ਜੀਵ ਆਦਰ-ਸਤਕਾਰ ਕਰਦਾ ਹੈ ।੪।੧੦।੬੨।

ਆਸਾ ਮਹਲਾ ੪ ॥ ਸਤਸੰਗਤਿ ਮਿਲੀਐ ਹਰਿ ਸਾਧੂ ਮਿਲਿ ਸੰਗਤਿ ਹਰਿ ਗੁਣ ਗਾਇ ॥ ਗਿਆਨ ਰਤਨੁ ਬਲਿਆ ਘਟਿ ਚਾਨਣੁ ਅਗਿਆਨੁ ਅੰਧੇਰਾ ਜਾਇ ॥੧॥ ਹਰਿ ਜਨ ਨਾਚਹੁ ਹਰਿ ਹਰਿ ਧਿਆਇ ॥ ਐਸੇ ਸੰਤ ਮਿਲਹਿ ਮੇਰੇ ਭਾਈ ਹਮ ਜਨ ਕੇ ਧੋਵਹ ਪਾਇ ॥੧॥ ਰਹਾਉ ॥ ਹਰਿ ਹਰਿ ਨਾਮੁ ਜਪਹੁ ਮਨ ਮੇਰੇ ਅਨਦਿਨੁ ਹਰਿ ਲਿਵ ਲਾਇ ॥ ਜੋ ਇਛਹੁ ਸੋਈ ਫਲੁ ਪਾਵਹੁ ਫਿਰਿ ਭੂਖ ਨ ਲਾਗੈ ਆਇ ॥੨॥ ਆਪੇ ਹਰਿ ਅਪਰੰਪਰੁ ਕਰਤਾ ਹਰਿ ਆਪੇ ਬੋਲਿ ਬੁਲਾਇ ॥ ਸੇਈ ਸੰਤ ਭਲੇ ਤੁਧੁ ਭਾਵਹਿ ਜਿਨ੍ ਕੀ ਪਤਿ ਪਾਵਹਿ ਥਾਇ ॥੩॥ ਨਾਨਕੁ ਆਖਿ ਨ ਰਾਜੈ ਹਰਿ ਗੁਣ ਜਿਉ ਆਖੈ ਤਿਉ ਸੁਖੁ ਪਾਇ ॥ ਭਗਤਿ ਭੰਡਾਰ ਦੀਏ ਹਰਿ ਅਪੁਨੇ ਗੁਣ ਗਾਹਕੁ ਵਣਜਿ ਲੈ ਜਾਇ ॥੪॥੧੧॥੬੩॥ {ਪੰਨਾ 368}

ਪਦਅਰਥ:- ਸਾਧੂ—ਗੁਰੂ । ਮਿਲਿ—ਮਿਲ ਕੇ । ਬਲਿਆ—ਚਮਕ ਪਿਆ । ਘਟਿ—ਘਟ ਵਿਚ, ਹਿਰਦੇ ਵਿਚ ।੧।

ਹਰਿ ਜਨ—ਹੇ ਹਰਿ ਜਨੋ! ਪਾਇ—ਪੈਰ ।੧।ਰਹਾਉ।

ਮਨ—ਹੇ ਮਨ! ਅਨਦਿਨੁ—ਹਰ ਰੋਜ਼ । ਲਿਵ ਲਾਇ—ਸੁਰਤਿ ਜੋੜ ਕੇ ।੨।

ਅਪਰੰਪਰੁ—ਪਰੇ ਤੋਂ ਪਰੇ । ਬੋਲਿ—ਬੋਲੈ, ਬੋਲਦਾ ਹੈ । ਪਾਵਹਿ ਥਾਇ—ਤੂੰ ਪਰਵਾਨ ਕਰਦਾ ਹੈਂ ।੩।

ਭੰਡਾਰ—ਖ਼ਜ਼ਾਨੇ । ਵਣਜਿ—ਖ਼ਰੀਦ ਕੇ ।੪।

ਅਰਥ:- ਹੇ ਹਰੀ ਦੇ ਸੇਵਕੋ! ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਨੱਚੋ (ਨਾਮ ਸਿਮਰੋ—ਇਹੀ ਨਾਚ ਨੱਚੋ। ਸਿਮਰਨ ਕਰੋ, ਮਨ ਨੱਚ ਉੱਠੇਗਾ, ਮਨ ਚਾਉ-ਭਰਪੂਰ ਹੋ ਜਾਇਗਾ)। ਹੇ ਮੇਰੇ ਵੀਰ! ਜੇ ਮੈਨੂੰ ਇਹੋ ਜਿਹੇ ਸੰਤ-ਜਨ ਮਿਲ ਪੈਣ, ਤਾਂ ਮੈਂ ਉਹਨਾਂ ਦੇ ਪੈਰ ਧੋਵਾਂ (ਅਸੀ ਉਹਨਾਂ ਦੇ ਪੈਰ ਧੋਵੀਏ—ਲਫ਼ਜ਼ੀ) ।੧।ਰਹਾਉ।

(ਹੇ ਮੇਰੇ ਵੀਰ!) ਪ੍ਰਭੂ ਦੀ ਗੁਰੂ ਦੀ ਸਾਧ ਸੰਗਤਿ ਵਿਚ ਮਿਲਣਾ ਚਾਹੀਦਾ ਹੈ। (ਹੇ ਵੀਰ!) ਸੰਗਤਿ ਵਿਚ ਮਿਲ ਕੇ ਪਰਮਾਤਮਾ ਦੇ ਗੁਣ ਗਾਂਦਾ ਰਹੁ। (ਜੇਹੜਾ ਮਨੁੱਖ ਪ੍ਰਭੂ ਦੇ ਗੁਣ ਗਾਂਦਾ ਹੈ ਉਸ ਦੇ ਅੰਦਰ ਗੁਰੂ ਦੇ ਬਖ਼ਸ਼ੇ) ਗਿਆਨ ਦਾ ਰਤਨ ਚਮਕ ਪੈਂਦਾ ਹੈ, ਉਸ ਦੇ ਹਿਰਦੇ ਵਿਚ (ਆਤਮਕ) ਚਾਨਣ ਹੋ ਜਾਂਦਾ ਹੈ, (ਉਸ ਦੇ ਅੰਦਰੋਂ) ਅਗਿਆਨਤਾ ਦਾ ਹਨੇਰਾ ਦੂਰ ਹੋ ਜਾਂਦਾ ਹੈ ।੧।

ਹੇ ਮੇਰੇ ਮਨ! ਹਰ ਰੋਜ਼ ਪਰਮਾਤਮਾ (ਦੇ ਚਰਨਾਂ) ਵਿਚ ਸੁਰਤਿ ਜੋੜ ਕੇ ਪਰਮਾਤਮਾ ਦਾ ਨਾਮ ਜਪਿਆ ਕਰ, ਜੇਹੜੇ ਫਲ ਦੀ ਇੱਛਾ ਕਰੇਂਗਾ ਉਹੀ ਫਲ ਹਾਸਲ ਕਰ ਲਏਂਗਾ, ਤੇ ਮੁੜ ਤੈਨੂੰ ਕਦੇ ਮਾਇਆ ਦੀ ਭੁੱਖ ਨਹੀਂ ਲੱਗੇਗੀ ।੨।

(ਪਰ ਸਿਮਰਨ ਕਰਨਾ ਜੀਵ ਦੇ ਆਪਣੇ ਵੱਸ ਦੀ ਗੱਲ ਨਹੀਂ) ਸਿਰਜਣਹਾਰ ਬੇਅੰਤ ਪਰਮਾਤਮਾ ਆਪ ਹੀ (ਸਭ ਜੀਵਾਂ ਵਿਚ ਵਿਆਪਕ ਹੋ ਕੇ) ਬੋਲਦਾ ਹੈ ਤੇ ਆਪ ਹੀ ਜੀਵਾਂ ਨੂੰ ਬੋਲਣ ਲਈ ਪ੍ਰੇਰਦਾ ਹੈ। ਹੇ ਪ੍ਰਭੂ! ਉਹੀ ਮਨੁੱਖ ਚੰਗੇ ਹਨ ਸੰਤ ਹਨ ਜੋ ਤੈਨੂੰ ਪਿਆਰੇ ਲੱਗਦੇ ਹਨ, ਜਿਨ੍ਹਾਂ ਦੀ ਇੱਜ਼ਤ ਤੇਰੇ ਦਰ ਤੇ ਕਬੂਲ ਹੁੰਦੀ ਹੈ ।੩।

(ਹੇ ਭਾਈ! ਪ੍ਰਭੂ ਦਾ ਦਾਸ) ਨਾਨਕ ਪਰਮਾਤਮਾ ਦੇ ਗੁਣ ਬਿਆਨ ਕਰ ਕਰ ਕੇ ਰੱਜਦਾ ਨਹੀਂ ਹੈ ਜਿਉਂ ਜਿਉਂ ਨਾਨਕ ਉਸ ਦੀ ਸਿਫ਼ਤਿ-ਸਾਲਾਹ ਕਰਦਾ ਹੈ ਤਿਉਂ ਤਿਉਂ ਆਤਮਕ ਆਨੰਦ ਮਾਣਦਾ ਹੈ।

(ਹੇ ਭਾਈ!) ਪਰਮਾਤਮਾ ਨੇ (ਜੀਵਾਂ ਨੂੰ) ਆਪਣੀ ਭਗਤੀ ਦੇ ਖ਼ਜ਼ਾਨੇ ਦਿੱਤੇ ਹੋਏ ਹਨ, ਪਰ ਇਹਨਾਂ ਗੁਣਾਂ ਦਾ ਗਾਹਕ ਹੀ ਖ਼ਰੀਦ ਕੇ (ਇਸ ਜਗਤ ਤੋਂ ਆਪਣੇ ਨਾਲ) ਲੈ ਜਾਂਦਾ ਹੈ ।੪।੧੧।੬੩।

ੴ ਸਤਿਗੁਰ ਪ੍ਰਸਾਦਿ ॥ ਰਾਗੁ ਆਸਾ ਘਰੁ ੮ ਕੇ ਕਾਫੀ• ਮਹਲਾ ੪ ॥ ਆਇਆ ਮਰਣੁ ਧੁਰਾਹੁ ਹਉਮੈ ਰੋਈਐ ॥ ਗੁਰਮੁਖਿ ਨਾਮੁ ਧਿਆਇ ਅਸਥਿਰੁ ਹੋਈਐ ॥੧॥ ਗੁਰ ਪੂਰੇ ਸਾਬਾਸਿ ਚਲਣੁ ਜਾਣਿਆ ॥ ਲਾਹਾ ਨਾਮੁ ਸੁ ਸਾਰੁ ਸਬਦਿ ਸਮਾਣਿਆ ॥੧॥ ਰਹਾਉ ॥ ਪੂਰਬਿ ਲਿਖੇ ਡੇਹ ਸਿ ਆਏ ਮਾਇਆ ॥ ਚਲਣੁ ਅਜੁ ਕਿ ਕਲ੍ਹਿ ਧੁਰਹੁ ਫੁਰਮਾਇਆ ॥੨॥ ਬਿਰਥਾ ਜਨਮੁ ਤਿਨਾ ਜਿਨ੍ਹੀ ਨਾਮੁ ਵਿਸਾਰਿਆ ॥ ਜੂਐ ਖੇਲਣੁ ਜਗਿ ਕਿ ਇਹੁ ਮਨੁ ਹਾਰਿਆ ॥੩॥ ਜੀਵਣਿ ਮਰਣਿ ਸੁਖੁ ਹੋਇ ਜਿਨ੍ਹਾ ਗੁਰੁ ਪਾਇਆ ॥ ਨਾਨਕ ਸਚੇ ਸਚਿ ਸਚਿ ਸਮਾਇਆ ॥੪॥੧੨॥੬੪॥ {ਪੰਨਾ 369}

ਨੋਟ:- ਆਸਾ ਘਰੁ ੮ ਕੇ ਕਾਫੀ—ਲਫ਼ਜ਼ 'ਕੇ' ਪੁਲਿੰਗ ਹੈ। ਜੇ ਲਫ਼ਜ਼ 'ਕਾਫੀ' 'ਕਾਫ਼ੀਆਂ' ਵਾਸਤੇ ਹੁੰਦਾ ਤਾਂ 'ਕੇ' ਦੇ ਥਾਂ 'ਕੀਆਂ' ਹੁੰਦਾ। ਸੋ, 'ਕਾਫੀ' ਰਾਗ ਦਾ ਨਾਮ ਹੈ। ਆਸਾ ਘਰ ਅਠਵੇਂ ਦੇ ਦੋ ਸ਼ਬਦ ਰਾਗ ਕਾਫੀ ਨਾਲ ਮਿਲਾ ਕੇ ਗਾਏ ਜਾਣ ਵਾਲੇ।

ਪਦਅਰਥ:- ਧੁਰਾਹੁ—ਧੁਰ ਦਰਗਾਹ ਤੋਂ। ਮਰਣੁ—ਮੌਤ, ਮਰਣਾ। ਰੋਈਐ—ਰੋਈਦਾ ਹੈ। ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ। ਅਸਥਿਰੁ—ਅਡੋਲ-ਚਿੱਤ ।੧।

ਗੁਰ ਪੂਰੇ—ਪੂਰੇ ਗੁਰੂ ਦੀ ਰਾਹੀਂ। ਲਾਹਾ—ਲਾਭ। ਸਾਰੁ—ਸ੍ਰੇਸ਼ਟ। ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ ।੧।ਰਹਾਉ।

ਪੂਰਬਿ—ਪਹਿਲੇ ਜਨਮ ਵਿਚ । ਡੇਹ—ਦਿਨ । ਸਿ—ਉਹ ਦਿਨ । ਮਾਇਆ—ਹੇ ਮਾਂ! ਕਿ—ਜਾਂ ।੨।

ਜੂਐ—ਜੂਏ ਵਿਚ । ਜਗਿ—ਜਗ ਵਿਚ ।੩।

ਜੀਵਣਿ ਮਰਣਿ—ਜੀਵਨ ਵਿਚ ਭੀ ਤੇ ਮਰਨ ਵਿਚ ਭੀ । ਸਚੇ—ਸਦਾ-ਥਿਰ ਪ੍ਰਭੂ ਦਾ ਰੂਪ । ਸਚਿ—ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ ।੪।

ਅਰਥ:- ਜਿਨ੍ਹਾਂ ਮਨੁੱਖਾਂ ਨੇ ਪੂਰੇ ਗੁਰੂ ਦੀ ਰਾਹੀਂ ਜਾਣ ਲਿਆ ਕਿ ਜਗਤ ਤੋਂ ਆਖ਼ਿਰ ਚਲੇ ਜਾਣਾ ਹੈ ਉਹਨਾਂ ਨੇ ਸ਼ਾਬਾਸ਼ੇ ਖੱਟੀ, ਉਹਨਾਂ ਨੇ ਪਰਮਾਤਮਾ ਦਾ ਨਾਮ (-ਰੂਪ) ਸ੍ਰੇਸ਼ਟ ਲਾਭ ਖੱਟ ਲਿਆ, ਉਹ ਗੁਰੂ ਦੇ ਸ਼ਬਦ ਦੀ ਰਾਹੀਂ (ਪਰਮਾਤਮਾ ਦੇ ਨਾਮ ਵਿਚ) ਲੀਨ ਹੋਏ ਰਹੇ ।੧।ਰਹਾਉ।

(ਹੇ ਭਾਈ!) ਧੁਰ ਦਰਗਾਹ ਤੋਂ ਹੀ (ਹਰੇਕ ਜੀਵ ਵਾਸਤੇ) ਮੌਤ (ਦਾ ਪਰਵਾਨਾ) ਆਇਆ ਹੋਇਆ ਹੈ (ਧੁਰ ਤੋਂ ਹੀ ਇਹ ਰਜ਼ਾ ਹੈ ਕਿ ਜੇਹੜਾ ਜੰਮਿਆ ਹੈ ਉਸ ਨੇ ਮਰਨਾ ਭੀ ਜ਼ਰੂਰ ਹੈ) ਹਉਮੈ ਦੇ ਕਾਰਨ ਹੀ (ਕਿਸੇ ਦੇ ਮਰਨ ਤੇ) ਰੋਈਦਾ ਹੈ । ਗੁਰੂ ਦੀ ਰਾਹੀਂ ਪਰਮਾਤਮਾ ਦਾ ਨਾਮ ਸਿਮਰ ਕੇ ਅਡੋਲ-ਚਿੱਤ ਹੋ ਜਾਈਦਾ ਹੈ (ਮੌਤ ਆਉਣ ਤੇ ਡੋਲਣੋਂ ਹਟ ਜਾਈਦਾ ਹੈ) ।੧।

ਹੇ ਮਾਂ! ਪੂਰਬਲੇ ਜਨਮ ਵਿਚ (ਧੁਰੋਂ) ਲਿਖੇ ਅਨੁਸਾਰ (ਜਿਨ੍ਹਾਂ ਨੂੰ ਜ਼ਿੰਦਗੀ ਦੇ) ਦਿਨ ਮਿਲਦੇ ਹਨ ਉਹ ਜਗਤ ਵਿਚ ਆ ਜਾਂਦੇ ਹਨ (ਜੰਮ ਪੈਂਦੇ ਹਨ, ਇਸੇ ਤਰ੍ਹਾਂ ਹੀ) ਧੁਰੋਂ ਇਹ ਫ਼ੁਰਮਾਨ ਭੀ ਹੈ ਕਿ ਇਥੋਂ ਅੱਜ ਭਲਕ ਤੁਰ ਭੀ ਜਾਣਾ ਹੈ ।੨।

(ਹੇ ਭਾਈ!) ਜਿਨ੍ਹਾਂ ਮਨੁੱਖਾਂ ਨੇ (ਜਗਤ ਵਿਚ ਆ ਕੇ) ਪਰਮਾਤਮਾ ਦਾ ਨਾਮ ਭੁਲਾ ਦਿੱਤਾ ਉਹਨਾਂ ਦਾ ਮਨੁੱਖਾ ਜਨਮ ਵਿਅਰਥ ਚਲਾ ਗਿਆ । ਉਹਨਾਂ ਨੇ ਜਗਤ ਵਿਚ (ਆ ਕੇ) ਜੂਏ ਦੀ ਖੇਡ ਹੀ ਖੇਡੀ (ਤੇ ਇਸ ਖੇਡ ਵਿਚ) ਆਪਣਾ ਮਨ (ਵਿਕਾਰਾਂ ਦੀ ਹੱਥੀਂ) ਹਾਰ ਦਿੱਤਾ ।੩।

ਜਿਨ੍ਹਾਂ ਮਨੁੱਖਾਂ ਨੂੰ ਗੁਰੂ ਮਿਲ ਪਿਆ ਉਹਨਾਂ ਨੇ (ਸਾਰੇ) ਜੀਵਨ ਵਿਚ (ਭੀ) ਆਤਮਕ ਆਨੰਦ ਮਾਣਿਆ, ਤੇ ਮਰਨ ਵਿਚ ਭੀ (ਮਰਨ ਵੇਲੇ ਭੀ) ਸੁਖ ਹੀ ਪ੍ਰਤੀਤ ਕੀਤਾ, (ਕਿਉਂਕਿ) ਹੇ ਨਾਨਕ! ਉਹ ਮਨੁੱਖ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਹੀ ਸਦਾ ਲੀਨ ਰਹੇ ਅਤੇ ਸਦਾ-ਥਿਰ ਪ੍ਰਭੂ ਦਾ ਰੂਪ ਬਣੇ ਰਹੇ (ਸਦਾ-ਥਿਰ ਪ੍ਰਭੂ ਨਾਲ ਇਕ-ਇਕ ਹੋਏ ਰਹੇ) ।੪।੧੨।੬੪।

ਆਸਾ ਮਹਲਾ ੪ ॥ ਜਨਮੁ ਪਦਾਰਥੁ ਪਾਇ ਨਾਮੁ ਧਿਆਇਆ ॥ ਗੁਰ ਪਰਸਾਦੀ ਬੁਝਿ ਸਚਿ ਸਮਾਇਆ ॥੧॥ ਜਿਨ੍ ਧੁਰਿ ਲਿਖਿਆ ਲੇਖੁ ਤਿਨ੍ੀ ਨਾਮੁ ਕਮਾਇਆ ॥ ਦਰਿ ਸਚੈ ਸਚਿਆਰ ਮਹਲਿ ਬੁਲਾਇਆ ॥੧॥ ਰਹਾਉ ॥ ਅੰਤਰਿ ਨਾਮੁ ਨਿਧਾਨੁ ਗੁਰਮੁਖਿ ਪਾਈਐ ॥ ਅਨਦਿਨੁ ਨਾਮੁ ਧਿਆਇ ਹਰਿ ਗੁਣ ਗਾਈਐ ॥੨॥ ਅੰਤਰਿ ਵਸਤੁ ਅਨੇਕ ਮਨਮੁਖਿ ਨਹੀ ਪਾਈਐ ॥ ਹਉਮੈ ਗਰਬੈ ਗਰਬੁ ਆਪਿ ਖੁਆਈਐ ॥੩॥ ਨਾਨਕ ਆਪੇ ਆਪਿ ਆਪਿ ਖੁਆਈਐ ॥ ਗੁਰਮਤਿ ਮਨਿ ਪਰਗਾਸੁ ਸਚਾ ਪਾਈਐ ॥੪॥੧੩॥੬੫॥ {ਪੰਨਾ 369}

ਪਦਅਰਥ:- ਪਦਾਰਥੁ—ਕੀਮਤੀ ਵਸਤ । ਪਾਇ—ਪ੍ਰਾਪਤ ਕਰ ਕੇ । ਪਰਸਾਦੀ—ਪਰਸਾਦਿ, ਕਿਰਪਾ ਨਾਲ । ਬੁਝਿ—ਸਮਝ ਕੇ, ਕਦਰ ਸਮਝ ਕੇ । ਸਚਿ—ਸਦਾ-ਥਿਰ ਪ੍ਰਭੂ ਵਿਚ ।੧।

ਧੁਰਿ—ਧੁਰੋਂ ਪ੍ਰਭੂ ਦੇ ਹੁਕਮ ਨਾਲ । ਤਿਨੀ—ਉਹਨਾਂ ਨੇ ਹੀ । ਦਰਿ ਸਚੈ—ਸਦਾ-ਥਿਰ ਪ੍ਰਭੂ ਦੇ ਦਰ ਤੇ ।

ਸਚਿਆਰ—ਸੁਰਖ਼ਰੂ । ਮਹਲਿ—ਪ੍ਰਭੂ ਦੀ ਹਜ਼ੂਰੀ ਵਿਚ ।੧।ਰਹਾਉ।

ਅੰਤਰਿ—(ਸਭ ਦੇ) ਅੰਦਰ । ਨਿਧਾਨੁ—ਖ਼ਜ਼ਾਨਾ । ਗੁਰਮੁਖਿ—ਗੁਰੂ ਦੀ ਸਰਨ ਪਿਆਂ । ਅਨਦਿਨੁ—ਹਰ ਰੋਜ਼ {Anidnu} । ਗਾਈਐ—ਆਓ ਗਾਵੀਏ ।੨।

ਵਸਤੁ—ਨਾਮ-ਪਦਾਰਥ । ਅਨੇਕ—ਅਨੇਕਾਂ ਗੁਣ । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਿਆਂ । ਗਰਬੈ—ਗਰਬਦਾ ਹੈ, ਅਹੰਕਾਰ ਕਰਦਾ ਹੈ । ਗਰਬੁ—ਅਹੰਕਾਰ । ਖੁਆਈਐ—ਖੁੰਝਿਆ ਫਿਰਦਾ ਹੈ ।੩।

ਨਾਨਕ—ਹੇ ਨਾਨਕ! ਆਪੇ—ਆਪ ਹੀ । ਮਨਿ—ਮਨ ਵਿਚ । ਪਰਗਾਸੁ—(ਸਹੀ ਜੀਵਨ ਦਾ) ਚਾਨਣ ।੪।

ਅਰਥ:- (ਹੇ ਭਾਈ!) ਉਹਨਾਂ ਮਨੁੱਖਾਂ ਨੇ ਹੀ ਪਰਮਾਤਮਾ ਦੇ ਨਾਮ ਸਿਮਰਨ ਦਾ ਕਮਾਈ ਕੀਤੀ ਹੈ ਜਿਨ੍ਹਾਂ ਦੇ ਮੱਥੇ ਉੱਤੇ ਧੁਰ ਦਰਗਾਹ ਤੋਂ ਇਹ ਕਮਾਈ ਕਰਨ ਦਾ ਲੇਖ ਲਿਖਿਆ ਹੋਇਆ ਹੈ (ਜਿਨ੍ਹਾਂ ਦੇ ਅੰਦਰ ਸਿਮਰਨ ਕਰਨ ਦੇ ਸੰਸਕਾਰ ਮੌਜੂਦ ਹਨ) । ਉਹ ਮਨੁੱਖ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਦਰ ਤੇ ਸੁਰਖ਼ਰੂ ਹੁੰਦੇ ਹਨ ਉਹਨਾਂ ਨੂੰ ਪਰਮਾਤਮਾ ਦੀ ਹਜ਼ੂਰੀ ਵਿਚ ਸੱਦਿਆ ਜਾਂਦਾ ਹੈ (ਆਦਰ ਮਿਲਦਾ ਹੈ) ।੧।ਰਹਾਉ ।

(ਹੇ ਭਾਈ!) ਜਿਨ੍ਹਾਂ ਮਨੁੱਖਾਂ ਨੇ ਕੀਮਤੀ ਮਨੁੱਖਾ ਜਨਮ ਹਾਸਲ ਕਰ ਕੇ ਪਰਮਾਤਮਾ ਦਾ ਨਾਮ ਸਿਮਰਿਆ, ਗੁਰੂ ਦੀ ਕਿਰਪਾ ਨਾਲ (ਉਹ ਮਨੁੱਖਾ ਜਨਮ ਦੀ ਕਦਰ) ਸਮਝ ਕੇ ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਗਏ ।੧।

(ਹੇ ਭਾਈ!) ਨਾਮ-ਖ਼ਜ਼ਾਨਾ ਹਰੇਕ ਮਨੁੱਖ ਦੇ ਅੰਦਰ ਮੌਜੂਦ ਹੈ, ਪਰ ਇਹ ਲੱਭਦਾ ਹੈ ਗੁਰੂ ਦੀ ਸਰਨ ਪਿਆਂ । (ਇਸ ਵਾਸਤੇ) ਹਰ ਰੋਜ਼ ਪਰਮਾਤਮਾ ਦਾ ਨਾਮ ਸਿਮਰ ਕੇ (ਆਉ, ਗੁਰੂ ਦੀ ਰਾਹੀਂ) ਪਰਮਾਤਮਾ ਦੇ ਗੁਣ ਗਾਂਦੇ ਰਹੀਏ ।੨।

(ਹੇ ਭਾਈ!) ਨਾਮ-ਪਦਾਰਥ ਹਰੇਕ ਦੇ ਅੰਦਰ ਹੈ (ਪਰਮਾਤਮਾ ਵਾਲੇ) ਅਨੇਕਾਂ (ਗੁਣ) ਹਰੇਕ ਦੇ ਅੰਦਰ ਹਨ, ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਕੁਝ ਭੀ ਨਹੀਂ ਲੱਭਦਾ । ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਆਪਣੀ ਹਉਮੈ ਦੇ ਕਾਰਨ (ਆਪਣੀ ਸੂਝ-ਬੂਝ ਦਾ ਹੀ) ਅਹੰਕਾਰ ਕਰਦਾ ਰਹਿੰਦਾ ਹੈ, (ਤੇ ਇਸ ਤਰ੍ਹਾਂ) ਆਪ ਹੀ (ਪਰਮਾਤਮਾ ਤੋਂ) ਵਿਛੁੜਿਆ ਰਹਿੰਦਾ ਹੈ ।੩।

ਹੇ ਨਾਨਕ! ਮਨਮੁਖ ਮਨੁੱਖ ਸਦਾ ਆਪ ਹੀ (ਆਪਣੀ ਹੀ ਮਨਮੁਖਤਾ ਦੇ ਕਾਰਨ) ਪਰਮਾਤਮਾ ਤੋਂ ਵਿੱਛੁੜਿਆ ਰਹਿੰਦਾ ਹੈ । ਗੁਰੂ ਦੀ ਮਤਿ ਤੇ ਤੁਰਿਆਂ ਮਨ ਵਿਚ ਚਾਨਣ ਹੋ ਜਾਂਦਾ ਹੈ, ਤੇ ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਮਿਲ ਪੈਂਦਾ ਹੈ ।੪।੧੩।੬੪।

ਰਾਗੁ ਆਸਾਵਰੀ ਘਰੁ ੧੬ ਕੇ ੨ ਮਹਲਾ ੪ ਸੁਧੰਗ ੴ ਸਤਿਗੁਰ ਪ੍ਰਸਾਦਿ ॥ ਹਉ ਅਨਦਿਨੁ ਹਰਿ ਨਾਮੁ ਕੀਰਤਨੁ ਕਰਉ ॥ ਸਤਿਗੁਰਿ ਮੋ ਕਉ ਹਰਿ ਨਾਮੁ ਬਤਾਇਆ ਹਉ ਹਰਿ ਬਿਨੁ ਖਿਨੁ ਪਲੁ ਰਹਿ ਨ ਸਕਉ ॥੧॥ ਰਹਾਉ ॥ ਹਮਰੈ ਸ੍ਰਵਣੁ ਸਿਮਰਨੁ ਹਰਿ ਕੀਰਤਨੁ ਹਉ ਹਰਿ ਬਿਨੁ ਰਹਿ ਨ ਸਕਉ ਹਉ ਇਕੁ ਖਿਨੁ ॥ ਜੈਸੇ ਹੰਸੁ ਸਰਵਰ ਬਿਨੁ ਰਹਿ ਨ ਸਕੈ ਤੈਸੇ ਹਰਿ ਜਨੁ ਕਿਉ ਰਹੈ ਹਰਿ ਸੇਵਾ ਬਿਨੁ ॥੧॥ ਕਿਨਹੂੰ ਪ੍ਰੀਤਿ ਲਾਈ ਦੂਜਾ ਭਾਉ ਰਿਦ ਧਾਰਿ ਕਿਨਹੂੰ ਪ੍ਰੀਤਿ ਲਾਈ ਮੋਹ ਅਪਮਾਨ ॥ ਹਰਿ ਜਨ ਪ੍ਰੀਤਿ ਲਾਈ ਹਰਿ ਨਿਰਬਾਣ ਪਦ ਨਾਨਕ ਸਿਮਰਤ ਹਰਿ ਹਰਿ ਭਗਵਾਨ ॥੨॥੧੪॥੬੬॥ {ਪੰਨਾ 369}

ਨੋਟ—ਘਰੁ ੧੬ ਕੇ ੨—ਸੋਲ੍ਹਵੇਂ ਘਰ ਦੇ ਦੋ ਸ਼ਬਦ । ਸੁਧੰਗ—ਸੁੱਧ ਸੁਰਾਂ ਵਾਲੀ ।

ਪਦਅਰਥ:- ਹਉ—ਮੈਂ । ਅਨਦਿਨੁ—ਹਰ ਰੋਜ਼ । ਕਰਉ—ਕਰਦਾ ਹਾਂ, ਕਰਉਂ । ਸਤਿਗੁਰਿ—ਸਤਿਗੁਰੂ ਨੇ । ਮੋ ਕਉ—ਮੈਨੂੰ । ਰਹਿ ਨ ਸਕਉ—ਮੈਂ ਰਹਿ ਨਹੀਂ ਸਕਦਾ ।੧।ਰਹਾਉ।

ਹਮਰੈ—ਮੇਰੇ ਪਾਸ । ਸ੍ਰਵਣੁ—ਸੁਣਨ ।੧।

ਕਿਨ ਹੂੰ—ਕਿਸੇ ਨੇ । ਦੂਜਾ ਭਾਉ—ਪ੍ਰਭੂ ਤੋਂ ਬਿਨਾ ਕੋਈ ਹੋਰ ਪਿਆਰ । ਰਿਦ—ਹਿਰਦੇ ਵਿਚ । ਧਾਰਿ—ਧਾਰ ਕੇ । ਅਪਮਾਨ—ਅਭਿਮਾਨ, ਅਹੰਕਾਰ । ਨਿਰਬਾਣ ਪਦ—ਵਾਸ਼ਨਾ-ਰਹਿਤ ਅਵਸਥਾ ।੨।

ਅਰਥ:- (ਹੇ ਭਾਈ! ਜਦੋਂ ਦੀ) ਗੁਰੂ ਨੇ ਮੈਨੂੰ ਪਰਮਾਤਮਾ ਦੇ ਨਾਮ ਦੀ ਦੱਸ ਪਾਈ ਹੈ (ਤਦੋਂ ਤੋਂ) ਮੈਂ ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਇਕ ਘੜੀ ਪਲ ਭੀ ਨਹੀਂ ਰਹਿ ਸਕਦਾ । ਮੈਂ ਹਰ ਵੇਲੇ ਪਰਮਾਤਮਾ ਦਾ ਨਾਮ ਜਪਦਾ ਹਾਂ, ਮੈਂ ਹਰ ਵੇਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹਾਂ ।੧।ਰਹਾਉ।

(ਹੇ ਭਾਈ!) ਮੇਰੇ ਪਾਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣਨੀ ਤੇ ਪਰਮਾਤਮਾ ਦਾ ਨਾਮ ਜਪਣਾ ਹੀ (ਰਾਸ-ਪੂੰਜੀ) ਹੈ, ਪਰਮਾਤਮਾ ਦਾ ਨਾਮ ਜਪਣ ਤੋਂ ਬਿਨਾ ਮੈਂ ਇਕ ਪਲ ਭੀ ਨਹੀਂ ਰਹਿ ਸਕਦਾ । ਜਿਵੇਂ ਹੰਸ ਸਰੋਵਰ ਤੋਂ ਬਿਨਾ ਨਹੀਂ ਰਹਿ ਸਕਦਾ ਤਿਵੇਂ ਪਰਮਾਤਮਾ ਦਾ ਭਗਤ ਪਰਮਾਤਮਾ ਦੀ ਸੇਵਾ-ਭਗਤੀ ਤੋਂ ਬਿਨਾ ਨਹੀਂ ਰਹਿ ਸਕਦਾ ।੧।

(ਹੇ ਭਾਈ!) ਕਿਸੇ ਮਨੁੱਖ ਨੇ ਮਾਇਆ ਦਾ ਪਿਆਰ ਹਿਰਦੇ ਵਿਚ ਟਿਕਾ ਕੇ ਮਾਇਆ ਨਾਲ ਪ੍ਰੀਤ ਜੋੜੀ ਹੋਈ ਹੈ, ਕਿਸੇ ਨੇ ਮੋਹ ਤੇ ਅਹੰਕਾਰ ਨਾਲ ਪ੍ਰੀਤ ਜੋੜੀ ਹੋਈ ਹੈ, ਪਰ ਹੇ ਨਾਨਕ! ਪਰਮਾਤਮਾ ਦੇ ਭਗਤਾਂ ਨੇ ਪਰਮਾਤਮਾ ਨਾਲ ਪ੍ਰੀਤ ਲਾਈ ਹੋਈ ਹੈ । ਉਹ ਸਦਾ ਵਾਸ਼ਨਾ-ਰਹਿਤ ਅਵਸਥਾ ਮਾਣਦੇ ਹਨ, ਉਹ ਸਦਾ ਹਰਿ-ਭਗਵਾਨ ਨੂੰ ਸਿਮਰਦੇ ਰਹਿੰਦੇ ਹਨ ।੨।੧੪।੬੬।

ਆਸਾਵਰੀ ਮਹਲਾ ੪ ॥ ਮਾਈ ਮੋਰੋ ਪ੍ਰੀਤਮੁ ਰਾਮੁ ਬਤਾਵਹੁ ਰੀ ਮਾਈ ॥ ਹਉ ਹਰਿ ਬਿਨੁ ਖਿਨੁ ਪਲੁ ਰਹਿ ਨ ਸਕਉ ਜੈਸੇ ਕਰਹਲੁ ਬੇਲਿ ਰੀਝਾਈ ॥੧॥ ਰਹਾਉ ॥ ਹਮਰਾ ਮਨੁ ਬੈਰਾਗ ਬਿਰਕਤੁ ਭਇਓ ਹਰਿ ਦਰਸਨ ਮੀਤ ਕੈ ਤਾਈ ॥ ਜੈਸੇ ਅਲਿ ਕਮਲਾ ਬਿਨੁ ਰਹਿ ਨ ਸਕੈ ਤੈਸੇ ਮੋਹਿ ਹਰਿ ਬਿਨੁ ਰਹਨੁ ਨ ਜਾਈ ॥੧॥ ਰਾਖੁ ਸਰਣਿ ਜਗਦੀਸੁਰ ਪਿਆਰੇ ਮੋਹਿ ਸਰਧਾ ਪੂਰਿ ਹਰਿ ਗੁਸਾਈ ॥ ਜਨ ਨਾਨਕ ਕੈ ਮਨਿ ਅਨਦੁ ਹੋਤ ਹੈ ਹਰਿ ਦਰਸਨੁ ਨਿਮਖ ਦਿਖਾਈ ॥੨॥੩੯॥੧੩॥੧੫॥੬੭॥ {ਪੰਨਾ 369-370}

ਪਦਅਰਥ:- ਮਾਈ—ਹੇ ਮਾਂ । ਰੀ ਮਾਈ—ਹੇ ਮਾਂ! ਕਰਹਲੁ—ਊਂਠ, ਊਂਠ ਦਾ ਬੱਚਾ । ਰੀਝਾਈ—ਰੀਝਦਾ ਹੈ, ਖ਼ੁਸ਼ ਹੁੰਦਾ ਹੈ ।੧।ਰਹਾਉ।

ਬੈਰਾਗ—ਵੈਰਾਗਵਾਨ । ਬਿਰਕਤੁ—ਉਦਾਸ, ਉਪਰਾਮ । ਕੈ ਤਾਈ—ਦੀ ਖ਼ਾਤਰ । ਅਲਿ—ਭੌਰਾ । ਕਮਲਾ—ਕਮਲ, ਕੌਲ-ਫੁੱਲ । ਮੋਹਿ—ਮੈਥੋਂ ।੧।

ਜਗਦੀਸੁਰ—ਹੇ ਜਗਤ ਦੇ ਈਸ਼੍ਵਰ! ਮੋਹਿ ਸਰਧਾ—ਮੇਰੀ ਸਰਧਾ, ਮੇਰੀ ਕਾਮਨਾ । ਪੂਰਿ—ਪੂਰੀ ਕਰ । ਗੁਸਾਈ—ਹੇ ਗੁਸਾਈਂ! ਹੇ ਧਰਤੀ ਦੇ ਖਸਮ! ਕੈ ਮਨਿ—ਦੇ ਮਨ ਵਿਚ । ਨਿਮਖ—ਅੱਖ ਝਮਕਣ ਜਿਤਨਾ ਸਮਾ । ਦਿਖਾਈ—ਵਿਖਾਲ ।੨।

ਅਰਥ:- ਹੇ ਮਾਂ! ਮੈਨੂੰ ਦੱਸ ਪਿਆਰਾ ਰਾਮ (ਕਿਥੇ ਹੈ, ਉਸ ਨੂੰ ਵੇਖ ਕੇ ਮੇਰਾ ਮਨ ਇਉਂ ਖ਼ੁਸ਼ ਹੁੰਦਾ ਹੈ) ਜਿਵੇਂ

ਊਂਠ ਦਾ ਬੱਚਾ ਵੇਲਾਂ ਵੇਖ ਵੇਖ ਕੇ ਖ਼ੁਸ਼ ਹੁੰਦਾ ਹੈ । ਮੈਂ ਉਸ ਹਰੀ (ਦੇ ਦਰਸਨ) ਤੋਂ ਬਿਨਾ ਇਕ ਖਿਨ ਭੀ, ਇਕ ਪਲ ਭੀ (ਸੁਖੀ) ਨਹੀਂ ਰਹਿ ਸਕਦਾ ।੧।ਰਹਾਉ।

(ਹੇ ਮਾਂ!) ਮਿੱਤਰ ਪ੍ਰਭੂ ਦੇ ਦਰਸਨ ਦੀ ਖ਼ਾਤਰ ਮੇਰਾ ਮਨ ਉਤਾਵਲਾ ਹੋ ਰਿਹਾ ਹੈ, ਮੇਰਾ ਮਨ (ਦੁਨੀਆ ਵਲੋਂ) ਉਪਰਾਮ ਹੋਇਆ ਪਿਆ ਹੈ । ਜਿਵੇਂ ਭੌਰਾ ਕੌਲ-ਫੁੱਲ ਤੋਂ ਬਿਨਾ ਨਹੀਂ ਰਹਿ ਸਕਦਾ, ਤਿਵੇਂ ਮੈਥੋਂ ਭੀ ਪਰਮਾਤਮਾ (ਦੇ ਦਰਸਨ) ਤੋਂ ਬਿਨਾ ਰਿਹਾ ਨਹੀਂ ਜਾ ਸਕਦਾ ।੧।

ਹੇ ਜਗਤ ਦੇ ਮਾਲਕ! ਹੇ ਪਿਆਰੇ! ਹੇ ਹਰੀ! ਹੇ ਧਰਤੀ ਦੇ ਖਸਮ! ਮੈਨੂੰ ਆਪਣੀ ਸਰਨ ਵਿਚ ਰੱਖ, ਮੇਰੀ ਇਹ ਤਾਂਘ ਪੂਰੀ ਕਰ । (ਜਦੋਂ ਤੇਰਾ ਦਰਸਨ ਹੁੰਦਾ ਹੈ ਜਦੋਂ ਤੇਰੇ) ਦਾਸ ਨਾਨਕ ਦੇ ਮਨ ਵਿਚ ਚਾਉ ਪੈਦਾ ਹੋ ਜਾਂਦਾ ਹੈ, ਹੇ ਹਰੀ! (ਮੈਨੂੰ ਨਾਨਕ ਨੂੰ) ਅੱਖ ਝਮਕਣ ਜਿਤਨੇ ਸਮੇ ਵਾਸਤੇ ਹੀ ਆਪਣਾ ਦਰਸਨ ਦੇਹ ।੨।੩੯।੧੩।੧੫।੬੭।

ਨੋਟ:

ਸ਼ਬਦ ਮਹਲਾ ੧ — ੩੯
ਸ਼ਬਦ ਮਹਲਾ ੩— ੧੩
ਸ਼ਬਦ ਮਹਲਾ ੪ — ੧੫
. . . . ——
. . . . .ਜੋੜ . . ੬੭

ਆਸਾ ਰਾਗ ਦੇ ਸ਼ੁਰੂ ਵਿਚ ਲਿਖੇ ਹੋਏ 'ਸੋ ਦਰੁ' ਅਤੇ 'ਸੋ ਪੁਰਖੁ' ਇਸ ਗਿਣਤੀ ਵਿਚ ਸ਼ਾਮਲ ਨਹੀਂ ਹਨ ।

ਰਾਗੁ ਆਸਾ ਘਰੁ ੨ ਮਹਲਾ ੫ ੧ੴ ਸਤਿਗੁਰ ਪ੍ਰਸਾਦਿ ॥ ਜਿਨਿ ਲਾਈ ਪ੍ਰੀਤਿ ਸੋਈ ਫਿਰਿ ਖਾਇਆ ॥ ਜਿਨਿ ਸੁਖਿ ਬੈਠਾਲੀ ਤਿਸੁ ਭਉ ਬਹੁਤੁ ਦਿਖਾਇਆ ॥ ਭਾਈ ਮੀਤ ਕੁਟੰਬ ਦੇਖਿ ਬਿਬਾਦੇ ॥ ਹਮ ਆਈ ਵਸਗਤਿ ਗੁਰ ਪਰਸਾਦੇ ॥੧॥ ਐਸਾ ਦੇਖਿ ਬਿਮੋਹਿਤ ਹੋਏ ॥ ਸਾਧਿਕ ਸਿਧ ਸੁਰਦੇਵ ਮਨੁਖਾ ਬਿਨੁ ਸਾਧੂ ਸਭਿ ਧ੍ਰੋਹਨਿ ਧ੍ਰੋਹੇ ॥੧॥ ਰਹਾਉ ॥ ਇਕਿ ਫਿਰਹਿ ਉਦਾਸੀ ਤਿਨ੍ ਕਾਮਿ ਵਿਆਪੈ ॥ ਇਕਿ ਸੰਚਹਿ ਗਿਰਹੀ ਤਿਨ੍ ਹੋਇ ਨ ਆਪੈ ॥ ਇਕਿ ਸਤੀ ਕਹਾਵਹਿ ਤਿਨ੍ ਬਹੁਤੁ ਕਲਪਾਵੈ ॥ ਹਮ ਹਰਿ ਰਾਖੇ ਲਗਿ ਸਤਿਗੁਰ ਪਾਵੈ ॥੨॥ ਤਪੁ ਕਰਤੇ ਤਪਸੀ ਭੂਲਾਏ ॥ ਪੰਡਿਤ ਮੋਹੇ ਲੋਭਿ ਸਬਾਏ ॥ ਤ੍ਰੈ ਗੁਣ ਮੋਹੇ ਮੋਹਿਆ ਆਕਾਸੁ ॥ ਹਮ ਸਤਿਗੁਰ ਰਾਖੇ ਦੇ ਕਰਿ ਹਾਥੁ ॥੩॥ ਗਿਆਨੀ ਕੀ ਹੋਇ ਵਰਤੀ ਦਾਸਿ ॥ ਕਰ ਜੋੜੇ ਸੇਵਾ ਕਰੇ ਅਰਦਾਸਿ ॥ ਜੋ ਤੂੰ ਕਹਹਿ ਸੁ ਕਾਰ ਕਮਾਵਾ ॥ ਜਨ ਨਾਨਕ ਗੁਰਮੁਖ ਨੇੜਿ ਨ ਆਵਾ ॥੪॥੧॥ {ਪੰਨਾ 370}

ਪਦਅਰਥ:- ਖਾਇਆ—ਖਾਧਾ ਜਾਂਦਾ ਹੈ । ਸੁਖਿ—ਸੁਖ ਨਾਲ, ਆਦਰ ਨਾਲ । ਦੇਖਿ—ਵੇਖ ਕੇ । ਬਿਬਾਦੇ—ਝਗੜਦੇ ਹਨ । ਹਮ ਵਸਗਤਿ—ਸਾਡੇ ਵੱਸ ਵਿਚ । ਪਰਸਾਦੇ—ਪਰਸਾਦਿ, ਕਿਰਪਾ ਨਾਲ ।੧।

ਬਿਮੋਹਿਤ—ਮਸਤ । ਸਾਧਿਕ—ਸਾਧਨਾ ਕਰਨ ਵਾਲੇ । ਸੁਰ—ਦੇਵਤੇ । ਸਿਧ—ਸਾਧਨਾਂ ਵਿਚ ਪੁੱਗੇ ਹੋਏ ਜੋਗੀ । ਸਾਧੂ—ਗੁਰੂ । ਸਭਿ—ਸਾਰੇ । ਧ੍ਰੋਹਨਿ—ਠਗਣੀ (ਮਾਇਆ) ਨੇ । ਧ੍ਰੋਹੇ—ਠੱਗ ਲਏ ।੧।ਰਹਾਉ।

ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} । ਕਾਮਿ—ਕਾਮ-ਵਾਸਨਾ ਦੀ ਰਾਹੀਂ । ਵਿਆਪੈ—ਕਾਬੂ ਕਰ ਲੈਂਦੀ

ਹੈ । ਸੰਚਹਿ—ਇਕੱਠੀ ਕਰਦੇ ਹਨ । ਆਪੈ—ਆਪਣੀ । ਸਤੀ—ਦਾਨੀ । ਕਲਪਾਵੈ—ਦੁੱਖੀ ਕਰਦੀ ਹੈ । ਪਾਵੈ—ਪੈਰੀਂ ।੨।

ਭੁਲਾਏ—ਕੁਰਾਹੇ ਪਾ ਦਿੱਤੇ । ਲੋਭਿ—ਲੋਭ ਵਿਚ । ਸਬਾਏ—ਸਾਰੇ । ਆਕਾਸੁ—(ਭਾਵ), ਆਕਾਸ਼-ਵਾਸੀ, ਦੇਵਤੇ ।੩।

ਦਾਸਿ—ਦਾਸੀ । ਕਰ—ਹੱਥ । ਕਮਾਵਾ—ਕਮਾਵਾਂ ।੪।

ਅਰਥ:- ਸਾਧਨ ਕਰਨ ਵਾਲੇ ਜੋਗੀ, ਸਾਧਨਾਂ ਵਿਚ ਪੁੱਗੇ ਹੋਏ ਜੋਗੀ, ਦੇਵਤੇ, ਮਨੁੱਖ—ਇਹ ਸਾਰੇ (ਮਾਇਆ ਨੂੰ) ਵੇਖ ਕੇ ਬਹੁਤ ਮਸਤ ਹੋ ਜਾਂਦੇ ਹਨ । ਗੁਰੂ ਤੋਂ ਬਿਨਾ ਹੋਰ ਇਹ ਸਾਰੇ ਠਗਣੀ (ਮਾਇਆ) ਦੇ ਹੱਥੀਂ ਠੱਗੇ ਜਾਂਦੇ ਹਨ ।੧।ਰਹਾਉ।

ਜਿਸ ਮਨੁੱਖ ਨੇ (ਇਸ ਮਾਇਆ ਨਾਲ) ਪਿਆਰ ਪਾਇਆ, ਉਹੀ ਪਰਤ ਕੇ ਖਾਧਾ ਗਿਆ (ਮਾਇਆ ਨੇ ਉਸੇ ਨੂੰ ਹੀ ਖਾ ਲਿਆ) । ਜਿਸ ਨੇ (ਇਸ ਨੂੰ) ਆਦਰ ਦੇ ਕੇ ਆਪਣੇ ਕੋਲ ਬਿਠਾਇਆ ਉਸ ਨੂੰ (ਇਸ ਮਾਇਆ ਨੇ) ਬੜਾ ਡਰ ਵਿਖਾਲਿਆ । ਭਰਾ ਮਿੱਤਰ ਪਰਵਾਰ (ਦੇ ਜੀਵ, ਸਾਰੇ ਹੀ ਇਸ ਮਾਇਆ ਨੂੰ) ਵੇਖ ਕੇ (ਆਪੋ ਵਿਚ) ਲੜ ਪੈਂਦੇ ਹਨ । ਗੁਰੂ ਦੀ ਕਿਰਪਾ ਨਾਲ ਇਹ ਸਾਡੇ ਵੱਸ ਵਿਚ ਆ ਗਈ ਹੈ ।੧।

ਅਨੇਕਾਂ ਬੰਦੇ ਤਿਆਗੀ ਬਣ ਕੇ ਤੁਰੇ ਫਿਰਦੇ ਹਨ (ਪਰ) ਉਹਨਾਂ ਨੂੰ (ਇਹ ਮਾਇਆ) ਕਾਮ-ਵਾਸ਼ਨਾ ਦੀ ਸ਼ਕਲ ਵਿਚ ਆ ਦਬਾਂਦੀ ਹੈ । ਅਨੇਕਾਂ ਬੰਦੇ (ਆਪਣੇ ਆਪ ਨੂੰ) ਦਾਨੀ ਅਖਵਾਂਦੇ ਹਨ, ਉਹਨਾਂ ਨੂੰ (ਭੀ) ਇਹ ਬਹੁਤ ਦੁਖੀ ਕਰਦੀ ਹੈ । ਸਤਿਗੁਰੂ ਦੇ ਚਰਨੀ ਲਗਣ ਕਰ ਕੇ ਸਾਨੂੰ ਪਰਮਾਤਮਾ ਨੇ (ਇਸ ਮਾਇਆ ਦੇ ਪੰਜੇ ਤੋਂ) ਬਚਾ ਲਿਆ ਹੈ ।੨।

ਤਪ ਕਰ ਰਹੇ ਤਪਸ੍ਵੀਆਂ ਨੂੰ (ਇਸ ਮਾਇਆ ਨੇ) ਕੁਰਾਹੇ ਪਾ ਦਿੱਤਾ ਹੈ । ਸਾਰੇ ਵਿਦਵਾਨ ਪੰਡਿਤ ਲੋਕ ਲੋਭ ਵਿਚ ਫਸ ਕੇ (ਮਾਇਆ ਦੀ ਹੱਥੀਂ) ਠੱਗੇ ਗਏ । ਸਾਰੇ ਤ੍ਰੈ-ਗੁਣੀ ਜੀਵ ਠੱਗੇ ਜਾ ਰਹੇ ਹਨ, ਦੇਵਤੇ ਭੀ ਠੱਗੇ ਜਾ ਰਹੇ ਹਨ । ਸਾਨੂੰ ਤਾਂ ਗੁਰੂ ਨੇ ਆਪਣਾ ਹੱਥ ਦੇ ਕੇ (ਇਸ ਪਾਸੋਂ) ਬਚਾ ਲਿਆ ਹੈ ।੩।

ਹੇ ਦਾਸ ਨਾਨਕ! (ਆਖ—) ਜੇਹੜਾ ਮਨੁੱਖ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲੈਂਦਾ ਹੈ (ਇਹ ਮਾਇਆ) ਉਸ ਦੀ ਦਾਸੀ ਬਣ ਕੇ ਕਾਰ ਕਰਦੀ ਹੈ, ਉਸ ਦੇ ਅੱਗੇ (ਦੋਵੇਂ) ਹੱਥ ਜੋੜਦੀ ਹੈ ਉਸ ਦੀ ਸੇਵਾ ਕਰਦੀ ਹੈ, ਉਸ ਅੱਗੇ ਬੇਨਤੀ ਕਰਦੀ ਹੈ (ਤੇ ਆਖਦੀ ਹੈ—) ਮੈਂ ਉਹੀ ਕਾਰ ਕਰਾਂਗੀ ਜੇਹੜੀ ਤੂੰ ਆਖੇਂ, ਮੈਂ ਉਸ ਮਨੁੱਖ ਦੇ ਨੇੜੇ ਨਹੀਂ ਢੁਕਾਂਗੀ (ਮੈਂ ਉਸ ਮਨੁੱਖ ਉਤੇ ਆਪਣਾ ਦਬਾਉ ਨਹੀਂ ਪਾਵਾਂਗੀ) ਜਿਹੜਾ ਗੁਰੂ ਦੀ ਸਰਨ ਪੈਂਦਾ ਹੈ ।੪।੧।

ਨੋਟ:- ਅੰਕ ੧ ਦੱਸਦਾ ਹੈ ਕਿ ਮਹਲਾ ੫ ਦਾ ਇਹ ਪਹਿਲਾ ਸ਼ਬਦ ਹੈ ।

ਆਸਾ ਮਹਲਾ ੫ ॥ ਸਸੂ ਤੇ ਪਿਰਿ ਕੀਨੀ ਵਾਖਿ ॥ ਦੇਰ ਜਿਠਾਣੀ ਮੁਈ ਦੂਖਿ ਸੰਤਾਪਿ ॥ ਘਰ ਕੇ ਜਿਠੇਰੇ ਕੀ ਚੂਕੀ ਕਾਣਿ ॥ ਪਿਰਿ ਰਖਿਆ ਕੀਨੀ ਸੁਘੜ ਸੁਜਾਣਿ ॥੧॥ ਸੁਨਹੁ ਲੋਕਾ ਮੈ ਪ੍ਰੇਮ ਰਸੁ ਪਾਇਆ ॥ ਦੁਰਜਨ ਮਾਰੇ ਵੈਰੀ ਸੰਘਾਰੇ ਸਤਿਗੁਰਿ ਮੋ ਕਉ ਹਰਿ ਨਾਮੁ ਦਿਵਾਇਆ ॥੧॥ ਰਹਾਉ ॥ ਪ੍ਰਥਮੇ ਤਿਆਗੀ ਹਉਮੈ ਪ੍ਰੀਤਿ ॥ ਦੁਤੀਆ ਤਿਆਗੀ ਲੋਗਾ ਰੀਤਿ ॥ ਤ੍ਰੈ ਗੁਣ ਤਿਆਗਿ ਦੁਰਜਨ ਮੀਤ ਸਮਾਨੇ ॥ ਤੁਰੀਆ ਗੁਣੁ ਮਿਲਿ ਸਾਧ ਪਛਾਨੇ ॥੨॥ ਸਹਜ ਗੁਫਾ ਮਹਿ ਆਸਣੁ ਬਾਧਿਆ ॥ ਜੋਤਿ ਸਰੂਪ ਅਨਾਹਦੁ ਵਾਜਿਆ ॥ ਮਹਾ ਅਨੰਦੁ ਗੁਰ ਸਬਦੁ ਵੀਚਾਰਿ ॥ ਪ੍ਰਿਅ ਸਿਉ ਰਾਤੀ ਧਨ

ਸੋਹਾਗਣਿ ਨਾਰਿ ॥੩॥ ਜਨ ਨਾਨਕੁ ਬੋਲੇ ਬ੍ਰਹਮ ਬੀਚਾਰੁ ॥ ਜੋ ਸੁਣੇ ਕਮਾਵੈ ਸੁ ਉਤਰੈ ਪਾਰਿ ॥ ਜਨਮਿ ਨ ਮਰੈ ਨ ਆਵੈ ਨ ਜਾਇ ॥ ਹਰਿ ਸੇਤੀ ਓਹੁ ਰਹੈ ਸਮਾਇ ॥੪॥੨॥ {ਪੰਨਾ 370}

ਪਦਅਰਥ:- ਸਸੂ ਤੇ—ਸੱਸ ਤੋਂ {ਲਫ਼ਜ਼ 'ਸਸੁ' ੁ ਅੰਤ ਹੈ, ਪਰ ਇਸਤ੍ਰੀ ਲਿੰਗ ਹੈ । ਸੰਸਕ੍ਰਿਤ ਲਫ਼ਜ਼ ਹੈ Ôvœ। । ਸੰਬੰਧਕ ਦੇ ਕਾਰਨ ੁ ਦੇ ਥਾਂ ੂ ਹੋ ਜਾਂਦਾ ਹੈ; ਜਿਵੇਂ, 'ਖਾਕ' ਤੋਂ 'ਖਾਕੂ', 'ਜਿੰਦੁ' ਤੋਂ 'ਜਿੰਦੂ'} ਸਸੁ—ਅਗਿਆਨਤਾ । ਪਿਰਿ—ਪਿਰ ਨੇ । ਵਾਖਿ—ਵੱਖ । ਦੇਰ ਜਿਠਾਣੀ—ਦਿਰਾਣੀ ਜਿਠਾਣੀ; ਆਸਾ ਤ੍ਰਿਸ਼ਨਾ । ਜਿਠੇਰਾ—ਧਰਮ-ਰਾਜ । ਕਾਣਿ—ਧੌਂਸ । ਸੁਜਾਣਿ—ਸੁਜਾਨ ਨੇ ।੧।

ਦੂਰਜਨ—ਭੈੜੇ ਬੰਦੇ, ਮੰਦੇ ਭਾਵ । ਸੰਘਾਰੇ—ਮਾਰ ਲਏ ਹਨ । ਸਤਿਗੁਰਿ—ਗੁਰੂ ਨੇ ।੧।ਰਹਾਉ।

ਪ੍ਰਥਮੈ—ਪਹਿਲਾਂ । ਲੋਗਾ ਰੀਤਿ—ਲੋਕ ਲਾਜ, ਜਗਤ-ਚਾਲ, ਲੋਕਾਚਾਰੀ ਰਸਮਾਂ । ਸਮਾਨੇ—ਇਕੋ ਜਿਹੇ । ਤੁਰੀਆ—ਚੌਥਾ ਪਦ ਜਿਥੇ ਮਾਇਆ ਦੇ ਗੁਣ ਪੋਹ ਨਹੀਂ ਸਕਦੇ । ਸਾਧ—ਗੁਰੂ ।੨।

ਸਹਜ—ਆਤਮਕ ਅਡੋਲਤਾ । ਬਾਧਿਆ—ਬੰਨ੍ਹਿਆ, ਬਣਾਇਆ । ਜੋਤਿ ਸਰੂਪ—ਉਹ ਜਿਸ ਦੀ ਹਸਤੀ ਨੂਰ ਹੀ ਨੂਰ ਹੈ । ਅਨਾਹਦੁ—{Anhq} ਬਿਨਾ ਵਜਾਏ, ਇਕ-ਰਸ, ਉਹ ਰਾਗ ਜੋ ਸਾਜ ਨੂੰ ਵਜਾਣ ਤੋਂ ਬਿਨਾ ਪੈਦਾ ਹੋ ਰਿਹਾ ਹੋਵੇ । ਵੀਚਾਰਿ—ਵਿਚਾਰ ਕੇ । ਧਨ—ਧੰਨ, ਭਾਗਾਂ ਵਾਲੀ । ਨਾਰਿ—ਇਸਤ੍ਰੀ । ਸੋਹਾਗਣਿ—ਸੁਹਾਗ ਵਾਲੀ ।੩।

ਬ੍ਰਹਮ ਬੀਚਾਰੁ—ਪਰਮਾਤਮਾ ਦੇ ਗੁਣਾਂ ਦਾ ਵਿਚਾਰ ।੪।

ਅਰਥ:- ਹੇ ਲੋਕੋ! ਸੁਣੋ, (ਗੁਰੂ ਦੀ ਕਿਰਪਾ ਨਾਲ) ਮੈਂ ਪਰਮਾਤਮਾ ਦੇ ਪਿਆਰ ਦਾ ਆਨੰਦ ਮਾਣਿਆ ਹੈ, ਗੁਰੂ ਨੇ ਮੈਨੂੰ ਪਰਮਾਤਮਾ ਦੇ ਨਾਮ ਦੀ ਦਾਤਿ ਦਿੱਤੀ ਹੈ (ਉਸ ਦੀ ਬਰਕਤਿ ਨਾਲ) ਮੈਂ ਭੈੜੇ ਭਾਵ ਮਾਰ ਲਏ ਹਨ (ਕਾਮਾਦਿਕ) ਵੈਰੀ ਮੁਕਾ ਲਏ ਹਨ ।੧।

(ਗੁਰੂ ਦੀ ਕਿਰਪਾ ਨਾਲ ਮੈਨੂੰ ਪ੍ਰਭੂ-ਪਤੀ ਮਿਲਿਆ) ਪਤੀ ਨੇ ਮੈਨੂੰ (ਆਗਿਆਨਤਾ-) ਸੱਸ ਤੋਂ ਵੱਖ ਕਰ ਲਿਆ ਹੈ, ਮੇਰੀ ਦਿਰਾਣੀ ਜਿਠਾਣੀ (ਆਸਾ ਤ੍ਰਿਸ਼ਨਾ, ਇਸ) ਦੁੱਖ ਕਲੇਸ਼ ਨਾਲ ਮਰ ਗਈ ਹੈ (ਕਿ ਮੈਨੂੰ ਪਤੀ ਮਿਲ ਪਿਆ ਹੈ) । (ਮੇਰੇ ਉਤੇ) ਜੇਠ (ਧਰਮ-ਰਾਜ) ਦੀ ਭੀ ਧੌਂਸ ਨਹੀਂ ਰਹੀ । ਸੁਚੱਜੇ ਸਿਆਣੇ ਪਤੀ ਨੇ ਮੈਨੂੰ (ਇਹਨਾਂ ਸਭਨਾਂ ਤੋਂ) ਬਚਾ ਲਿਆ ਹੈ ।੧।

(ਜਦੋਂ ਗੁਰੂ ਦੀ ਕਿਰਪਾ ਨਾਲ ਮੈਨੂੰ ਪ੍ਰਭੂ-ਪਤੀ ਮਿਲਿਆ, ਤਾਂ ਸਭ ਤੋਂ) ਪਹਿਲਾਂ ਮੈਂ ਹਉਮੈ ਨੂੰ ਪਿਆਰਨਾ ਛੱਡ ਦਿੱਤਾ, ਫਿਰ ਮੈਂ ਲੋਕਾਚਾਰੀ ਰਸਮਾਂ ਛੱਡੀਆਂ, ਫਿਰ ਮੈਂ ਮਾਇਆ ਦੇ ਤਿੰਨੇ ਗੁਣ ਛੱਡ ਕੇ ਵੈਰੀ ਤੇ ਮਿੱਤਰ ਇਕੋ ਜਿਹੇ (ਮਿੱਤਰ ਹੀ) ਸਮਝ ਲਏ । ਗੁਰੂ ਨੂੰ ਮਿਲ ਕੇ ਮੈਂ ਉਸ ਗੁਣ ਨਾਲ ਸਾਂਝ ਪਾ ਲਈ ਜੇਹੜਾ (ਮਾਇਆ ਦੇ ਤਿੰਨਾਂ ਗੁਣਾਂ ਤੋਂ ਉਤਾਂਹ) ਚੌਥੇ ਆਤਮਕ ਦਰਜੇ ਤੇ ਅਪੜਾਂਦਾ ਹੈ ।੨।

(ਜੋਗੀ ਗੁਫਾ ਵਿਚ ਬੈਠ ਕੇ ਆਸਣ ਲਾਂਦਾ ਹੈ । ਜਦੋਂ ਗੁਰੂ ਦੀ ਕਿਰਪਾ ਨਾਲ ਮੈਨੂੰ ਪ੍ਰਭੂ-ਪਤੀ ਮਿਲਿਆ ਤਾਂ ਮੈਂ) ਆਤਮਕ ਅਡੋਲਤਾ (ਦੀ) ਗੁਫਾ ਵਿਚ ਆਪਣਾ ਆਸਣ ਜਮਾ ਲਿਆ । ਮੇਰੇ ਅੰਦਰ ਨਿਰੇ ਨੂਰ ਹੀ ਨੂਰ-ਰੂਪ ਪਰਮਾਤਮਾ ਦੇ ਮਿਲਾਪ ਦਾ ਇਕ-ਰਸ ਵਾਜਾ ਵੱਜਣ ਲੱਗ ਪਿਆ । ਗੁਰੂ ਦੇ ਸ਼ਬਦ ਵਿਚਾਰ ਵਿਚਾਰ ਕੇ ਮੇਰੇ ਅੰਦਰ ਵੱਡਾ ਆਤਮਕ ਆਨੰਦ ਪੈਦਾ ਹੋ ਰਿਹਾ ਹੈ । (ਹੇ ਲੋਕੋ!) ਧੰਨ ਹੈ ਉਹ (ਜੀਵ-) ਇਸਤ੍ਰੀ, ਭਾਗਾਂ ਵਾਲੀ ਹੈ ਉਹ (ਜੀਵ-) ਇਸਤ੍ਰੀ ਜੇਹੜੀ (ਪ੍ਰਭੂ-) ਪਤੀ ਦੇ ਪਿਆਰ-ਰੰਗ ਨਾਲ ਰੰਗੀ ਗਈ ਹੈ ।੩।

(ਹੇ ਭਾਈ!) ਦਾਸ ਨਾਨਕ ਪਰਮਾਤਮਾ ਦੇ ਗੁਣਾਂ ਦਾ ਵਿਚਾਰ ਹੀ ਉਚਾਰਦਾ ਰਹਿੰਦਾ ਹੈ । ਜੇਹੜਾ ਭੀ ਮਨੁੱਖ

ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣਦਾ ਹੈ ਤੇ ਉਸ ਅਨੁਸਾਰ ਆਪਣਾ ਜੀਵਨ ਉੱਚਾ ਕਰਦਾ ਹੈ ਉਹ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ, ਉਹ (ਮੁੜ ਮੁੜ) ਨਾਹ ਜੰਮਦਾ ਹੈ ਨਾਹ ਮਰਦਾ ਹੈ ਉਹ (ਜਗਤ ਵਿਚ ਮੁੜ ਮੁੜ) ਨਾਹ ਆਉਂਦਾ ਹੈ ਨਾਹ (ਇਥੋਂ ਮੁੜ ਮੁੜ) ਜਾਂਦਾ ਹੈ, ਉਹ ਸਦਾ ਪਰਮਾਤਮਾ ਦੀ ਯਾਦ ਵਿਚ ਲੀਨ ਰਹਿੰਦਾ ਹੈ ।੪।੨।

ਆਸਾ ਮਹਲਾ ੫ ॥ ਨਿਜ ਭਗਤੀ ਸੀਲਵੰਤੀ ਨਾਰਿ ॥ ਰੂਪਿ ਅਨੂਪ ਪੂਰੀ ਆਚਾਰਿ ॥ ਜਿਤੁ ਗ੍ਰਿਹਿ ਵਸੈ ਸੋ ਗ੍ਰਿਹੁ ਸੋਭਾਵੰਤਾ ॥ ਗੁਰਮੁਖਿ ਪਾਈ ਕਿਨੈ ਵਿਰਲੈ ਜੰਤਾ ॥੧॥ ਸੁਕਰਣੀ ਕਾਮਣਿ ਗੁਰ ਮਿਲਿ ਹਮ ਪਾਈ ॥ ਜਜਿ ਕਾਜਿ ਪਰਥਾਇ ਸੁਹਾਈ ॥੧॥ ਰਹਾਉ ॥ ਜਿਚਰੁ ਵਸੀ ਪਿਤਾ ਕੈ ਸਾਥਿ ॥ ਤਿਚਰੁ ਕੰਤੁ ਬਹੁ ਫਿਰੈ ਉਦਾਸਿ ॥ ਕਰਿ ਸੇਵਾ ਸਤ ਪੁਰਖੁ ਮਨਾਇਆ ॥ ਗੁਰਿ ਆਣੀ ਘਰ ਮਹਿ ਤਾ ਸਰਬ ਸੁਖ ਪਾਇਆ ॥੨॥ ਬਤੀਹ ਸੁਲਖਣੀ ਸਚੁ ਸੰਤਤਿ ਪੂਤ ॥ ਆਗਿਆਕਾਰੀ ਸੁਘੜ ਸਰੂਪ ॥ ਇਛ ਪੂਰੇ ਮਨ ਕੰਤ ਸੁਆਮੀ ॥ ਸਗਲ ਸੰਤੋਖੀ ਦੇਰ ਜੇਠਾਨੀ ॥੩॥ ਸਭ ਪਰਵਾਰੈ ਮਾਹਿ ਸਰੇਸਟ ॥ ਮਤੀ ਦੇਵੀ ਦੇਵਰ ਜੇਸਟ ॥ ਧੰਨੁ ਸੁ ਗ੍ਰਿਹੁ ਜਿਤੁ ਪ੍ਰਗਟੀ ਆਇ ॥ ਜਨ ਨਾਨਕ ਸੁਖੇ ਸੁਖਿ ਵਿਹਾਇ ॥੪॥੩॥ {ਪੰਨਾ 370-371}

ਪਦਅਰਥ:- ਨਿਜ—ਆਪਣੀ, ਆਪਣੇ ਆਪ ਦੀ, ਆਤਮਾ ਦੇ ਕੰਮ ਆਉਣ ਵਾਲੀ । ਸੀਲ—ਮਿੱਠਾ ਸੁਭਾਉ । ਨਾਰਿ—ਇਸਤ੍ਰੀ । ਰੂਪਿ—ਰੂਪ ਵਿਚ । ਅਨੂਪ—ਉਪਮਾ-ਰਹਿਤ, ਬੇਮਿਸਾਲ । ਆਚਾਰਿ—ਆਚਾਰ ਵਿਚ, ਆਚਰਨ ਵਿਚ । ਜਿਤੁ—ਜਿਸ ਵਿਚ । ਗ੍ਰਿਹਿ—ਹਿਰਦੇ-ਘਰ ਵਿਚ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ ।੧।

ਸੁਕਰਣੀ—ਸ੍ਰੇਸ਼ਟ ਕਰਣੀ । ਕਾਮਣਿ—ਇਸਤ੍ਰੀ । ਮਿਲਿ—ਮਿਲ ਕੇ । ਜਜਿ—ਜੱਗ ਵਿਚ । ਕਾਜਿ—ਵਿਆਹ ਵਿਚ । ਪਰਥਾਇ—ਹਰ ਥਾਂ ।੧।ਰਹਾਉ।

ਜਿਚਰੁ—ਜਿਤਨਾ ਚਿਰ । ਪਿਤਾ—(ਭਾਵ) ਗੁਰੂ । ਕੰਤੁ—ਜੀਵ । ਫਿਰੈ ਉਦਾਸਿ—ਭਟਕਦਾ ਫਿਰਦਾ ਹੈ । ਸਤਪੁਰਖੁ—ਅਕਾਲ-ਪੁਰਖ, ਪਰਮਾਤਮਾ । ਗੁਰਿ—ਗੁਰੂ ਨੇ । ਆਣੀ—ਲਿਆ ਦਿੱਤੀ ।੨।

ਬਤੀਹ ਸੁਲਖਣੀ—(ਲੱਜਾ, ਨਿਮਰਤਾ, ਦਇਆ, ਪਿਆਰ ਆਦਿਕ) ਬੱਤੀ ਚੰਗੇ ਲੱਛਣਾਂ ਵਾਲੀ । ਸਚੁ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਨਾਮ । ਸੰਤਤਿ—ਸੰਤਾਨ । ਸੁਘੜ—ਸੁਚੱਜੀ । ਸਰੂਪ—ਸੁੰਦਰ । ਇਛ ਮਨ ਕੰਤ—ਕੰਤ ਦੇ ਮਨ ਦੀ ਇੱਛਾ । ਸੰਤੋਖੀ—ਸੰਤੋਖ ਦੇਂਦੀ ਹੈ । ਦੇਰ ਜਿਠਾਣੀ—ਦਿਰਾਣੀ ਜਿਠਾਣੀ । (ਆਸਾ-ਤ੍ਰਿਸ਼ਨਾ) ਨੂੰ ।੩।

ਸਰੇਸਟ—ਉੱਤਮ । ਮਤੀ—{ਲਫ਼ਜ਼ 'ਮਤਿ' ਤੋਂ ਬਹੁ-ਵਚਨ} ਮੱਤਾਂ । ਦੇਵੀ—ਦੇਣ ਵਾਲੀ । ਦੇਵਰ ਜੇਸਟ—ਦਿਉਰਾਂ ਜੇਠਾਂ (ਗਿਆਨ-ਇੰਦ੍ਰਿਆਂ) ਨੂੰ । ਸੁਖਿ—ਸੁਖ ਵਿਚ । ਵਿਹਾਇ—ਬੀਤਦੀ ਹੈ ।੪।

ਅਰਥ:- (ਹੇ ਭਾਈ!) ਗੁਰੂ ਨੂੰ ਮਿਲ ਕੇ ਮੈਂ ਸ੍ਰੇਸ਼ਟ ਕਰਣੀ (-ਰੂਪ) ਇਸਤ੍ਰੀ ਹਾਸਲ ਕੀਤੀ ਹੈ ਜੇਹੜੀ ਵਿਆਹ ਸ਼ਾਦੀਆਂ ਵਿਚ ਹਰ ਥਾਂ ਸੋਹਣੀ ਲੱਗਦੀ ਹੈ ।੧।ਰਹਾਉ।

ਆਤਮਾ ਦੇ ਕੰਮ ਆਉਣ ਵਾਲੀ (ਪਰਮਾਤਮਾ ਦੀ) ਭਗਤੀ (ਮਾਨੋ) ਮਿੱਠੇ ਸੁਭਾਵ ਵਾਲੀ ਇਸਤ੍ਰੀ ਹੈ (ਜੋ) ਰੂਪ ਵਿਚ ਬੇਮਿਸਾਲ ਹੈ (ਜੋ) ਆਚਰਣ ਵਿਚ ਮੁਕੰਮਲ ਹੈ । ਜਿਸ (ਹਿਰਦੇ-) ਘਰ ਵਿਚ (ਇਹ ਇਸਤ੍ਰੀ) ਵੱਸਦੀ ਹੈ

ਉਹ ਘਰ ਸੋਭਾ ਵਾਲਾ ਬਣ ਜਾਂਦਾ ਹੈ, ਪਰ ਕਿਸੇ ਵਿਰਲੇ ਜੀਵ ਨੇ ਗੁਰੂ ਦੀ ਸਰਨ ਪੈ ਕੇ (ਇਹ ਇਸਤ੍ਰੀ) ਪ੍ਰਾਪਤ ਕੀਤੀ ਹੈ ।੧।

(ਇਹ ਭਗਤੀ-ਰੂਪ ਇਸਤ੍ਰੀ) ਜਿਤਨਾ ਚਿਰ ਗੁਰੂ ਦੇ ਪਾਸ ਹੀ ਰਹਿੰਦੀ ਹੈ ਉਤਨਾ ਚਿਰ ਜੀਵ ਬਹੁਤ ਭਟਕਦਾ ਫਿਰਦਾ ਹੈ । ਜਦੋਂ (ਗੁਰੂ ਦੀ ਰਾਹੀਂ ਜੀਵ ਨੇ) ਸੇਵਾ ਕਰ ਕੇ ਪਰਮਾਤਮਾ ਨੂੰ ਪ੍ਰਸੰਨ ਕੀਤਾ, ਤਦੋਂ ਗੁਰੂ ਨੇ (ਇਸ ਦੇ ਹਿਰਦੇ-) ਘਰ ਵਿਚ ਲਿਆ ਬਿਠਾਈ ਤੇ ਇਸ ਨੇ ਸਾਰੇ ਸੁਖ ਆਨੰਦ ਪ੍ਰਾਪਤ ਕਰ ਲਏ ।੨।

(ਇਹ ਭਗਤੀ-ਰੂਪ ਇਸਤ੍ਰੀ ਦਇਆ, ਨਿਮ੍ਰਤਾ, ਲੱਜਾ ਆਦਿਕ) ਬੱਤੀ ਸੋਹਣੇ ਲੱਛਣਾਂ ਵਾਲੀ ਹੈ, ਸਦਾ-ਥਿਰ ਪਰਮਾਤਮਾ ਦਾ ਨਾਮ ਇਸ ਦੀ ਸੰਤਾਨ ਹੈ, ਪੁੱਤਰ ਹਨ, (ਇਹ ਇਸਤ੍ਰੀ) ਆਗਿਆ ਵਿਚ ਤੁਰਨ ਵਾਲੀ ਹੈ, ਸੁਚੱਜੀ ਹੈ, ਸੋਹਣੇ ਰੂਪ ਵਾਲੀ ਹੈ । ਜੀਵ-ਕੰਤ ਖਸਮ ਦੀ (ਹਰੇਕ) ਇੱਛਾ ਇਹ ਪੂਰੀ ਕਰਦੀ ਹੈ, ਦਿਰਾਣੀ ਜਿਠਾਣੀ (ਆਸਾ ਤ੍ਰਿਸ਼ਨਾ) ਨੂੰ ਇਹ ਹਰ ਤਰ੍ਹਾਂ ਸੰਤੋਖ ਦੇਂਦੀ ਹੈ (ਸ਼ਾਂਤ ਕਰਦੀ ਹੈ) ।੩।

(ਮਿੱਠਾ ਬੋਲ, ਨਿਮ੍ਰਤਾ, ਸੇਵਾ, ਦਾਨ, ਦਇਆ) ਸਾਰੇ (ਆਤਮਕ) ਪਰਵਾਰ ਵਿਚ (ਭਗਤੀ) ਸਭ ਤੋਂ ਉੱਤਮ ਹੈ, ਸਾਰੇ ਦਿਉਰਾਂ ਜੇਠਾਂ (ਗਿਆਨ-ਇੰਦ੍ਰਿਆਂ) ਨੂੰ ਮੱਤਾਂ ਦੇਣ ਵਾਲੀ ਹੈ (ਚੰਗੇ ਰਾਹੇ ਪਾਣ ਵਾਲੀ ਹੈ) । ਹੇ ਦਾਸ ਨਾਨਕ! (ਆਖ—) ਉਹ ਹਿਰਦਾ-ਘਰ ਭਾਗਾਂ ਵਾਲਾ ਹੈ, ਜਿਸ ਘਰ ਵਿਚ (ਇਹ ਭਗਤੀ-ਇਸਤ੍ਰੀ) ਆ ਦਰਸ਼ਨ ਦੇਂਦੀ ਹੈ, (ਜਿਸ ਮਨੁੱਖ ਦੇ ਹਿਰਦੇ ਵਿਚ ਪਰਗਟ ਹੁੰਦੀ ਹੈ ਉਸ ਦੀ ਉਮਰ) ਸੁਖ ਆਨੰਦ ਵਿਚ ਬੀਤਦੀ ਹੈ ।੪।੩।

ਆਸਾ ਮਹਲਾ ੫ ॥ ਮਤਾ ਕਰਉ ਸੋ ਪਕਨਿ ਨ ਦੇਈ ॥ ਸੀਲ ਸੰਜਮ ਕੈ ਨਿਕਟਿ ਖਲੋਈ ॥ ਵੇਸ ਕਰੇ ਬਹੁ ਰੂਪ ਦਿਖਾਵੈ ॥ ਗ੍ਰਿਹਿ ਬਸਨਿ ਨ ਦੇਈ ਵਖਿ ਵਖਿ ਭਰਮਾਵੈ ॥੧॥ ਘਰ ਕੀ ਨਾਇਕਿ ਘਰ ਵਾਸੁ ਨ ਦੇਵੈ ॥ ਜਤਨ ਕਰਉ ਉਰਝਾਇ ਪਰੇਵੈ ॥੧॥ ਰਹਾਉ ॥ ਧੁਰ ਕੀ ਭੇਜੀ ਆਈ ਆਮਰਿ ॥ ਨਉ ਖੰਡ ਜੀਤੇ ਸਭਿ ਥਾਨ ਥਨੰਤਰ ॥ ਤਟਿ ਤੀਰਥਿ ਨ ਛੋਡੈ ਜੋਗ ਸੰਨਿਆਸ ॥ ਪੜਿ ਥਾਕੇ ਸਿੰਮ੍ਰਿਤਿ ਬੇਦ ਅਭਿਆਸ ॥੨॥ ਜਹ ਬੈਸਉ ਤਹ ਨਾਲੇ ਬੈਸੈ ॥ ਸਗਲ ਭਵਨ ਮਹਿ ਸਬਲ ਪ੍ਰਵੇਸੈ ॥ ਹੋਛੀ ਸਰਣਿ ਪਇਆ ਰਹਣੁ ਨ ਪਾਈ ॥ ਕਹੁ ਮੀਤਾ ਹਉ ਕੈ ਪਹਿ ਜਾਈ ॥੩॥ ਸੁਣਿ ਉਪਦੇਸੁ ਸਤਿਗੁਰ ਪਹਿ ਆਇਆ ॥ ਗੁਰਿ ਹਰਿ ਹਰਿ ਨਾਮੁ ਮੋਹਿ ਮੰਤ੍ਰੁ ਦ੍ਰਿੜਾਇਆ ॥ ਨਿਜ ਘਰਿ ਵਸਿਆ ਗੁਣ ਗਾਇ ਅਨੰਤਾ ॥ ਪ੍ਰਭੁ ਮਿਲਿਓ ਨਾਨਕ ਭਏ ਅਚਿੰਤਾ ॥੪॥ ਘਰੁ ਮੇਰਾ ਇਹ ਨਾਇਕਿ ਹਮਾਰੀ ॥ ਇਹ ਆਮਰਿ ਹਮ ਗੁਰਿ ਕੀਏ ਦਰਬਾਰੀ ॥੧॥ ਰਹਾਉ ਦੂਜਾ ॥੪॥੪॥
{ਪੰਨਾ 371}

ਪਦਅਰਥ:- ਮਤਾ—ਸਲਾਹ, ਫ਼ੈਸਲਾ । ਸੀਲ—ਮਿੱਠਾ ਸੁਭਾਉ । ਸੰਜਮ—ਵਿਕਾਰਾਂ ਵਲੋਂ ਬਚਣ ਦਾ ਜਤਨ । ਨਿਕਟਿ—ਨੇੜੇ । ਗ੍ਰਿਹਿ—ਹਿਰਦੇ-ਘਰ ਵਿਚ ।੧।

ਨਾਇਕਿ—ਮਾਲਿਕਾ । ਕਰਉ—ਮੈਂ ਕਰਦਾ ਹਾਂ । ਉਰਝਾਇ ਪਰੇਵੈ—ਹੋਰ ਉਲਝਣਾਂ ਵਿਚ ਪਾ ਦੇਂਦੀ ਹੈ ।੧।ਰਹਾਉ।

ਆਮਰਿ—ਆਲਿਮ, ਕਾਰਿੰਦੀ । ਥਨੰਤਰ—ਥਾਨ ਅੰਤਰ, ਹੋਰ ਹੋਰ ਥਾਂ । ਤਟਿ—ਨਦੀ ਦੇ ਕੰਢੇ ਉਤੇ । ਤੀਰਥਿ—ਤੀਰਥ ਉਤੇ ।੨।

ਜਹ—ਜਿਥੇ । ਬੈਸਉ—ਮੈਂ ਬੈਠਦਾ ਹਾਂ । ਸਬਲ—ਬਲ ਵਾਲੀ । ਪ੍ਰਵੇਸੈ—ਜਾ ਵੜਦੀ ਹੈ । ਹੋਛੀ—ਕਮਜ਼ੋਰ । ਕੈ ਪਹਿ—ਕਿਸ ਦੇ ਪਾਸ? ।੩।

ਗੁਰਿ—ਗੁਰੂ ਨੇ । ਮੋਹਿ—ਮੈਨੂੰ । ਦ੍ਰਿੜਾਇਆ—ਪੱਕਾ ਕਰਾਇਆ । ਘਰਿ—ਘਰ ਵਿਚ । ਅਚਿੰਤਾ—ਚਿੰਤਾ-ਰਹਿਤ ।੪।

ਦਰਬਾਰੀ—ਹਜ਼ੂਰੀ ਵਿਚ ਰਹਿਣ ਵਾਲਾ । ਹਮ—ਮੈਨੂੰ । ਆਮਰਿ—ਸੇਵਿਕਾ । ਰਹਾਉ ਦੂਜਾ ।

ਅਰਥ:- (ਇਹ ਮਾਇਆ ਮੇਰੇ) ਹਿਰਦੇ-ਘਰ ਦੀ ਮਾਲਕ ਬਣ ਬੈਠੀ ਹੈ, ਮੈਨੂੰ ਘਰ ਦਾ ਵਸੇਬਾ ਦੇਂਦੀ ਹੀ ਨਹੀਂ (ਮੈਨੂੰ ਆਤਮਕ ਅਡੋਲਤਾ ਨਹੀਂ ਮਿਲਣ ਦੇਂਦੀ) । ਜੇ ਮੈਂ (ਆਤਮਕ ਅਡੋਲਤਾ ਲਈ) ਜਤਨ ਕਰਦਾ ਹਾਂ, ਤਾਂ ਸਗੋਂ ਵਧੀਕ ਉਲਝਣਾਂ ਪਾ ਦੇਂਦੀ ਹੈ ।੧।ਰਹਾਉ।

(ਆਤਮਕ ਅਡੋਲਤਾ ਵਾਸਤੇ) ਮੈਂ ਜੇਹੜੀ ਭੀ ਸਲਾਹ ਕਰਦਾ ਹਾਂ ਉਸ ਨੂੰ (ਇਹ ਮਾਇਆ) ਸਿਰੇ ਨਹੀਂ ਚੜ੍ਹਨ ਦੇਂਦੀ, ਮਿੱਠੇ ਸੁਭਾਉ ਅਤੇ ਸੰਜਮ ਦੇ ਇਹ ਹਰ ਵੇਲੇ ਨੇੜੇ (ਰਾਖੀ ਬਣ ਕੇ) ਖਲੋਤੀ ਰਹਿੰਦੀ ਹੈ (ਇਸ ਵਾਸਤੇ ਮੈਂ ਨਾਹ ਸੀਲ ਹਾਸਲ ਕਰ ਸਕਦਾ ਹਾਂ, ਨਾਹ ਸੰਜਮ) । (ਇਹ ਮਾਇਆ) ਅਨੇਕਾਂ ਵੇਸ ਕਰਦੀ ਹੈ ਅਨੇਕਾਂ ਰੂਪ ਵਿਖਾਂਦੀ ਹੈ, ਹਿਰਦੇ-ਘਰ ਵਿਚ ਇਹ ਮੈਨੂੰ ਟਿਕਣ ਨਹੀਂ ਦੇਂਦੀ, ਕਈ ਤਰੀਕਿਆਂ ਨਾਲ ਭਟਕਾਂਦੀ ਫਿਰਦੀ ਹੈ ।੧।

(ਇਹ ਮਾਇਆ) ਧੁਰ ਦਰਗਾਹ ਤੋਂ ਤਾਂ ਸੇਵਕਾ ਬਣਾ ਕੇ ਭੇਜੀ ਹੋਈ (ਜਗਤ ਵਿਚ) ਆਈ ਹੈ, (ਪਰ ਇਥੇ ਆ ਕੇ ਇਸ ਨੇ) ਨੌ ਖੰਡਾਂ ਵਾਲੀ ਸਾਰੀ ਧਰਤੀ ਜਿੱਤ ਲਈ ਹੈ, ਸਾਰੇ ਹੀ ਥਾਂ ਜਿੱਤ ਲਏ ਹਨ, ਨਦੀਆਂ ਦੇ ਕੰਢੇ ਉਤੇ ਹਰੇਕ ਤੀਰਥ ਉਤੇ ਬੈਠੇ ਜੋਗ-ਸਾਧਨ ਕਰਨ ਵਾਲੇ ਤੇ ਸੰਨਿਆਸ ਧਾਰਨ ਵਾਲੇ ਭੀ (ਇਸ ਮਾਇਆ ਨੇ) ਨਹੀਂ ਛੱਡੇ । ਸਿੰਮ੍ਰਿਤੀਆਂ ਪੜ੍ਹ ਪੜ੍ਹ ਕੇ, ਤੇ ਵੇਦਾਂ ਦੇ (ਪਾਠਾਂ ਦੇ) ਅਭਿਆਸ ਕਰ ਕਰ ਕੇ ਪੰਡਿਤ ਲੋਕ ਭੀ (ਇਸ ਦੇ ਸਾਹਮਣੇ) ਹਾਰ ਗਏ ਹਨ ।੧।

ਮੈਂ ਜਿਥੇ ਭੀ (ਜਾ ਕੇ) ਬੈਠਦਾ ਹਾਂ (ਇਹ ਮਾਇਆ) ਮੇਰੇ ਨਾਲ ਹੀ ਆ ਬੈਠਦੀ ਹੈ, ਇਹ ਬੜੇ ਬਲ ਵਾਲੀ ਹੈ, ਸਾਰੇ ਹੀ ਭਵਨਾਂ ਵਿਚ ਜਾ ਪਹੁੰਚਦੀ ਹੈ, ਕਿਸੇ ਕਮਜ਼ੋਰ ਦੀ ਸਰਨ ਪਿਆਂ ਇਹ ਮੈਥੋਂ ਪਰੇ ਨਹੀਂ ਹਟਦੀ । ਸੋ, ਹੇ ਮਿੱਤਰ! ਦੱਸ, (ਇਸ ਮਾਇਆ ਤੋਂ ਖਹਿੜਾ ਛੁਡਾਣ ਲਈ) ਮੈਂ ਕਿਸ ਦੇ ਜਾਵਾਂ ।੩।

(ਸਤਸੰਗੀ ਮਿੱਤਰ ਪਾਸੋਂ) ਉਪਦੇਸ਼ ਸੁਣ ਕੇ ਮੈਂ ਗੁਰੂ ਦੇ ਪਾਸ ਆਇਆ, ਗੁਰੂ ਨੇ ਪਰਮਾਤਮਾ ਦਾ ਨਾਮ-ਮੰਤ੍ਰ ਮੈਨੂੰ (ਮੇਰੇ ਹਿਰਦੇ ਵਿਚ) ਪੱਕਾ ਕਰ ਕੇ ਦੇ ਦਿੱਤਾ । (ਉਸ ਨਾਮ-ਮੰਤ੍ਰ ਦੀ ਬਰਕਤਿ ਨਾਲ) ਬੇਅੰਤ ਪਰਮਾਤਮਾ ਦੇ ਗੁਣ ਗਾ ਗਾ ਕੇ ਮੈਂ ਹੁਣ ਆਪਣੇ ਹਿਰਦੇ ਵਿਚ ਆ ਵੱਸਿਆ ਹਾਂ । ਹੇ ਨਾਨਕ! (ਆਖ—ਹੁਣ ਮੈਨੂੰ) ਪਰਮਾਤਮਾ ਮਿਲ ਪਿਆ ਹੈ, ਤੇ ਮੈਂ (ਮਾਇਆ ਦੇ ਹੱਲਿਆਂ ਵਲੋਂ) ਬੇ-ਫ਼ਿਕਰ ਹੋ ਗਿਆ ਹਾਂ ।੪।

(ਹੁਣ ਇਹ ਹਿਰਦਾ-ਘਰ) ਮੇਰਾ ਆਪਣਾ ਘਰ ਬਣ ਗਿਆ ਹੈ (ਇਹ ਮਾਇਆ) ਮਾਲਕਾ ਭੀ ਮੇਰੀ (ਦਾਸੀ) ਬਣ ਗਈ ਹੈ, ਗੁਰੂ ਨੇ ਇਸ ਨੂੰ ਮੇਰੀ ਸੇਵਕਾ ਬਣਾ ਦਿੱਤਾ ਹੈ ਤੇ ਮੈਨੂੰ ਪ੍ਰਭੂ ਦੀ ਹਜ਼ੂਰੀ ਵਿਚ ਰਹਿਣ ਵਾਲਾ ਬਣਾ ਦਿੱਤਾ ਹੈ ।੧। ਰਹਾਉ ਦੂਜਾ ।੪।੪।

ਆਸਾ ਮਹਲਾ ੫ ॥ ਪ੍ਰਥਮੇ ਮਤਾ ਜਿ ਪਤ੍ਰੀ ਚਲਾਵਉ ॥ ਦੁਤੀਏ ਮਤਾ ਦੁਇ ਮਾਨੁਖ ਪਹੁਚਾਵਉ ॥ ਤ੍ਰਿਤੀਏ ਮਤਾ ਕਿਛੁ ਕਰਉ ਉਪਾਇਆ ॥ ਮੈ ਸਭੁ ਕਿਛੁ ਛੋਡਿ ਪ੍ਰਭ ਤੁਹੀ ਧਿਆਇਆ ॥੧॥ ਮਹਾ ਅਨੰਦ ਅਚਿੰਤ ਸਹਜਾਇਆ ॥ ਦੁਸਮਨ ਦੂਤ ਮੁਏ ਸੁਖੁ ਪਾਇਆ ॥੧॥ ਰਹਾਉ ॥ ਸਤਿਗੁਰਿ ਮੋ

ਕਉ ਦੀਆ ਉਪਦੇਸੁ ॥ ਜੀਉ ਪਿੰਡੁ ਸਭੁ ਹਰਿ ਕਾ ਦੇਸੁ ॥ ਜੋ ਕਿਛੁ ਕਰੀ ਸੁ ਤੇਰਾ ਤਾਣੁ ॥ ਤੂੰ ਮੇਰੀ ਓਟ ਤੂੰਹੈ ਦੀਬਾਣੁ ॥੨॥ ਤੁਧਨੋ ਛੋਡਿ ਜਾਈਐ ਪ੍ਰਭ ਕੈਂ ਧਰਿ ॥ ਆਨ ਨ ਬੀਆ ਤੇਰੀ ਸਮਸਰਿ ॥ ਤੇਰੇ ਸੇਵਕ ਕਉ ਕਿਸ ਕੀ ਕਾਣਿ ॥ ਸਾਕਤੁ ਭੂਲਾ ਫਿਰੈ ਬੇਬਾਣਿ ॥੩॥ ਤੇਰੀ ਵਡਿਆਈ ਕਹੀ ਨ ਜਾਇ ॥ ਜਹ ਕਹ ਰਾਖਿ ਲੈਹਿ ਗਲਿ ਲਾਇ ॥ ਨਾਨਕ ਦਾਸ ਤੇਰੀ ਸਰਣਾਈ ॥ ਪ੍ਰਭਿ ਰਾਖੀ ਪੈਜ ਵਜੀ ਵਾਧਾਈ ॥੪॥੫॥ {ਪੰਨਾ 371}

ਨੋਟ:- ਸਿੱਖ-ਇਤਿਹਾਸ ਦੱਸਦਾ ਹੈ ਕਿ ਦੋਖੀ ਸੁਲਹੀ ਖ਼ਾ ਵਾਲੀ ਬਲਾ ਟਲਣ ਤੇ ਸਤਿਗੁਰੂ ਜੀ ਨੇ ਇਹ ਸ਼ਬਦ ਉਚਾਰਿਆ ਸੀ ।

ਪਦਅਰਥ:- ਮਤਾ—ਸਲਾਹ । ਜਿ—ਕਿ । ਪਤ੍ਰੀ—ਚਿੱਠੀ । ਚਲਾਵਉ—ਮੈਂ ਭੇਜਾਂ, ਚਲਾਵਊਂ । ਦੁਇ—ਦੋ । ਪਹੁਚਾਵਉ—ਪਹੁਚਾਵਉਂ, ਮੈਂ ਅਪੜਾਵਾਂ । ਕਰਉ—ਮੈਂ ਕਰਾਂ । ਉਪਾਇਆ—ਉਪਾਉ । ਪ੍ਰਭ—ਹੇ ਪ੍ਰਭੂ! ਤੁਹੀ—ਤੈਨੂੰ ਹੀ ।੧।

ਅਚਿੰਤ—ਨਿਸਚਿੰਤਤਾ । ਸਹਜਾਇਆ—ਸਹਜ, ਆਤਮਕ ਅਡੋਲਤਾ । ਦੂਤ—ਵੈਰੀ ।੧।ਰਹਾਉ।

ਸਤਿਗੁਰਿ—ਗੁਰੂ ਨੇ । ਮੋ ਕਉ—ਮੈਨੂੰ । ਕਉ—ਨੂੰ । ਜੀਉ—ਜਿੰਦ । ਪਿੰਡੁ—ਸਰੀਰ । ਕਰੀ—ਕਰੀਂ, ਮੈਂ ਕਰਦਾ ਹਾਂ । ਤਾਣੁ—ਬਲ । ਦੀਬਾਣੁ—ਆਸਰਾ ।੨।

ਨੋ—ਨੂੰ । ਕੈਂ ਧਰਿ—ਕੇਹੜੇ ਪਾਸੇ? ਆਨ—ਹੋਰ । ਬੀਆ—ਦੂਜਾ । ਸਮਸਰਿ—ਬਰਾਬਰ । ਕਾਣਿ—ਮੁਥਾਜੀ । ਸਾਕਤੁ—ਰੱਬ ਨਾਲੋਂ ਟੁੱਟਾ ਹੋਇਆ । ਬੇਬਾਣਿ—ਜੰਗਲ ਵਿਚ ।੩।

ਜਹ ਕਹ—ਜਿਥੇ ਕਿਥੇ, ਹਰ ਥਾਂ । ਗਲਿ—ਗਲ ਨਾਲ । ਲਾਇ—ਲਾ ਕੇ । ਪ੍ਰਭਿ—ਪ੍ਰਭੂ ਨੇ । ਪੈਜ—ਇੱਜ਼ਤ । ਵਾਧਾਈ—ਵਧੀ ਹੋਈ ਅਵਸਥਾ, ਚੜ੍ਹਦੀ ਕਲਾ, ਆਤਮਕ ਤਾਕਤ । ਵਜੀ—ਵੱਜ ਪਈ, ਜ਼ੋਰ ਵਿਚ ਆ ਗਈ ।੪।

ਅਰਥ:- (ਪਰਮਾਤਮਾ ਦਾ ਆਸਰਾ ਲਿਆਂ) ਬੜਾ ਆਤਮਕ ਆਨੰਦ ਮਿਲਦਾ ਹੈ, ਨਿਸਚਿੰਤਤਾ ਹੋ ਜਾਂਦੀ ਹੈ, ਆਤਮਕ ਅਡੋਲਤਾ ਪੈਦਾ ਹੋ ਜਾਂਦੀ ਹੈ, ਸਾਰੇ ਵੈਰੀ ਦੁਸ਼ਮਨ ਮੁੱਕ ਜਾਂਦੇ ਹਨ (ਕੋਈ ਦੁਸ਼ਮਨ ਨਹੀਂ ਜਾਪਦਾ, ਕੋਈ ਵੈਰੀ ਨਹੀਂ ਜਾਪਦਾ), (ਇਸ ਤਰ੍ਹਾਂ) ਅੰਤਰ ਆਤਮੇ ਸੁਖ ਮਿਲਦਾ ਹੈ ।੧।ਰਹਾਉ।

ਪਹਿਲਾਂ ਮੈਨੂੰ ਸਲਾਹ ਦਿੱਤੀ ਗਈ ਕਿ (ਵੈਰੀ ਬਣ ਕੇ ਆ ਰਹੇ ਨੂੰ) ਚਿੱਠੀ ਲਿਖ ਭੇਜਾਂ, ਫਿਰ ਸਲਾਹ ਮਿਲੀ ਕਿ ਮੈਂ (ਉਸ ਪਾਸ) ਦੋ ਮਨੁੱਖ ਅਪੜਾਵਾਂ, ਤੀਜੀ ਸਲਾਹ ਮਿਲੀ ਕਿ ਮੈਂ ਕੋਈ ਨ ਕੋਈ ਉਪਾਉ ਜ਼ਰੂਰ ਕਰਾਂ, ਪਰ ਹੇ ਪ੍ਰਭੂ! ਹੋਰ ਸਾਰੇ ਜਤਨ ਛੱਡ ਕੇ ਮੈਂ ਸਿਰਫ਼ ਤੈਨੂੰ ਹੀ ਸਿਮਰਿਆ ।੧।

ਸਤਿਗੁਰੂ ਨੇ ਮੈਨੂੰ ਸਿੱਖਿਆ ਦਿੱਤੀ ਕਿ ਇਹ ਜਿੰਦ ਤੇ ਇਹ ਸਰੀਰ ਸਭ ਕੁਝ ਪਰਮਾਤਮਾ ਦੇ ਰਹਿਣ ਲਈ ਥਾਂ ਹੈ । (ਇਸ ਵਾਸਤੇ) ਮੈਂ ਜੋ ਕੁਝ ਭੀ ਕਰਦਾ ਹਾਂ ਤੇਰਾ ਸਹਾਰਾ ਲੈ ਕੇ ਕਰਦਾ ਹਾਂ, ਤੂੰ ਹੀ ਮੇਰੀ ਓਟ ਹੈਂ ਤੂੰ ਹੀ ਆਸਰਾ ਹੈਂ ।੨।

ਹੇ ਪ੍ਰਭੂ! ਤੈਨੂੰ ਛੱਡ ਕੇ ਹੋਰ ਜਾਈਏ ਭੀ ਕਿਹੜੇ ਪਾਸੇ? (ਕਿਉਂਕਿ) ਤੇਰੇ ਬਰਾਬਰ ਦਾ ਦੂਜਾ ਕੋਈ ਹੈ ਹੀ ਨਹੀਂ (ਜਿਸ ਨੂੰ ਨਿਸ਼ਚਾ ਹੋਵੇ ਉਸ) ਤੇਰੇ ਸੇਵਕ ਨੂੰ ਹੋਰ ਕਿਸ ਦੀ ਮੁਥਾਜੀ ਹੋ ਸਕਦੀ ਹੈ? (ਪਰ ਹੇ ਪ੍ਰਭੂ!) ਤੈਥੋਂ ਟੁੱਟਾ ਹੋਇਆ ਮਨੁੱਖ ਕੁਰਾਹੇ ਪੈ ਕੇ (ਮਾਨੋ) ਉਜਾੜ ਵਿਚ ਭਟਕਦਾ ਫਿਰਦਾ ਹੈ ।੩।

ਹੇ ਪ੍ਰਭੂ! ਤੂੰ ਕੇਡਾ ਵੱਡਾ ਹੈਂ ਇਹ ਗੱਲ ਮੈਥੋਂ ਬਿਆਨ ਨਹੀਂ ਕੀਤੀ ਜਾ ਸਕਦੀ, ਤੂੰ ਹਰ ਥਾਂ (ਮੈਨੂੰ ਆਪਣੇ) ਗਲ ਨਾਲ ਲਾ ਕੇ ਬਚਾ ਲੈਂਦਾ ਹੈਂ । ਹੇ ਦਾਸ ਨਾਨਕ! (ਆਖ—ਹੇ ਪ੍ਰਭੂ!) ਮੈਂ ਤੇਰੀ ਸਰਨ ਹੀ ਪਿਆ ਰਹਿੰਦਾ ਹਾਂ ।

(ਹੇ ਭਾਈ!) ਪ੍ਰਭੂ ਨੇ ਮੇਰੀ ਇੱਜ਼ਤ ਰੱਖ ਲਈ ਹੈ (ਮੁਸੀਬਤਾਂ ਦੇ ਵੇਲੇ ਭੀ ਉਸ ਦੀ ਮੇਹਰ ਨਾਲ) ਮੇਰੇ ਅੰਦਰ ਚੜ੍ਹਦੀ ਕਲਾ ਪ੍ਰਬਲ ਰਹਿੰਦੀ ਹੈ ।੪।੫।

ਆਸਾ ਮਹਲਾ ੫ ॥ ਪਰਦੇਸੁ ਝਾਗਿ ਸਉਦੇ ਕਉ ਆਇਆ ॥ ਵਸਤੁ ਅਨੂਪ ਸੁਣੀ ਲਾਭਾਇਆ ॥ ਗੁਣ ਰਾਸਿ ਬੰਨ੍ਹਿ ਪਲੈ ਆਨੀ ॥ ਦੇਖਿ ਰਤਨੁ ਇਹੁ ਮਨੁ ਲਪਟਾਨੀ ॥੧॥ ਸਾਹ ਵਾਪਾਰੀ ਦੁਆਰੈ ਆਏ ॥ ਵਖਰੁ ਕਾਢਹੁ ਸਉਦਾ ਕਰਾਏ ॥੧॥ ਰਹਾਉ ॥ ਸਾਹਿ ਪਠਾਇਆ ਸਾਹੈ ਪਾਸਿ ॥ ਅਮੋਲ ਰਤਨ ਅਮੋਲਾ ਰਾਸਿ ॥ ਵਿਸਟੁ ਸੁਭਾਈ ਪਾਇਆ ਮੀਤ ॥ ਸਉਦਾ ਮਿਲਿਆ ਨਿਹਚਲ ਚੀਤ ॥੨॥ ਭਉ ਨਹੀ ਤਸਕਰ ਪਉਣ ਨ ਪਾਨੀ ॥ ਸਹਜਿ ਵਿਹਾਝੀ ਸਹਜਿ ਲੈ ਜਾਨੀ ॥ ਸਤ ਕੈ ਖਟਿਐ ਦੁਖੁ ਨਹੀ ਪਾਇਆ ॥ ਸਹੀ ਸਲਾਮਤਿ ਘਰਿ ਲੈ ਆਇਆ ॥੩॥ ਮਿਲਿਆ ਲਾਹਾ ਭਏ ਅਨੰਦ ॥ ਧੰਨੁ ਸਾਹ ਪੂਰੇ ਬਖਸਿੰਦ ॥ ਇਹੁ ਸਉਦਾ ਗੁਰਮੁਖਿ ਕਿਨੈ ਵਿਰਲੈ ਪਾਇਆ ॥ ਸਹਲੀ ਖੇਪ ਨਾਨਕੁ ਲੈ ਆਇਆ ॥੪॥੬॥ {ਪੰਨਾ 372}

ਪਦਅਰਥ:- ਪਰਦੇਸੁ—(ਚੌਰਾਸੀ ਲੱਖ ਜੂਨਾਂ ਵਾਲਾ) ਓਪਰਾ ਦੇਸ । ਝਾਗਿ—ਔਖਿਆਈਆਂ ਨਾਲ ਲੰਘ ਕੇ । ਕਉ—ਵਾਸਤੇ । ਅਨੂਪ—ਜਿਸ ਵਰਗੀ ਹੋਰ ਕੋਈ ਨ ਹੋਵੇ, ਅਤਿ ਸੁੰਦਰ । ਲਾਭਾਇਆ—ਲਾਹੇਵੰਦੀ । ਬੰਨ੍ਹਿ—ਬੰਨ੍ਹ ਕੇ । ਪਲੈ—ਪੱਲੈ, ਪੱਲੇ ਵਿਚ । ਆਨੀ—ਲਿਆਂਦੀ । ਦੇਖਿ—ਵੇਖ ਕੇ । ਲਪਟਾਨੀ—ਰੀਝ ਪਿਆ ।੧।

ਸਾਹ—ਹੇ ਸ਼ਾਹ! ਹੇ ਗੁਰੂ! ਦੁਆਰੈ—ਦੁਆਰੇ ਤੇ । ਕਰਾਏ—ਕਰਾਇ ।੧।ਰਹਾਉ।

ਸਾਹਿ—ਸ਼ਾਹ ਨੇ, ਪਰਮਾਤਮਾ ਨੇ । ਪਠਾਇਆ—ਭੇਜਿਆ । ਸਾਹੈ ਪਾਸਿ—ਸ਼ਾਹ ਦੇ ਕੋਲ, ਗੁਰੂ ਕੋਲ । ਅਮੋਲ—ਜਿਸ ਦੇ ਵੱਟੇ ਵਿਚ ਕੋਈ ਚੀਜ਼ ਬਰਾਬਰ ਦੇ ਮੁੱਲ ਦੀ ਨਾਹ ਹੋਵੇ । ਵਿਸਟੁ—ਵਕੀਲ, ਵਿਚੋਲਾ । ਸੁਭਾਈ—ਪ੍ਰੇਮ ਕਰਨ ਵਾਲਾ । ਨਿਹਚਲ—ਅਡੋਲ ।੨।

ਤਸਕਰ—ਚੋਰ । ਸਹਜਿ—ਆਤਮਕ ਅਡੋਲਤਾ ਵਿਚ । ਸਤ ਕੈ ਖਟਿਐ—ਈਮਾਨਦਾਰੀ ਨਾਲ ਕਮਾਇਆਂ । ਘਰਿ—ਹਿਰਦੇ-ਘਰ ਵਿਚ ।੩।

ਲਾਹਾ—ਲਾਭ । ਧੰਨੁ—ਸਲਾਹਣ-ਜੋਗ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਸਹਲੀ—ਸਫਲੀ । ਖੇਪ—ਸੌਦਾ ।੪।

ਅਰਥ:- ਹੇ ਸ਼ਾਹ! ਹੇ ਸਤਿਗੁਰੂ! ਤੇਰੇ ਦਰ ਤੇ (ਨਾਮ ਦਾ ਵਣਜ ਕਰਨ ਵਾਲੇ) ਜੀਵ-ਵਪਾਰੀ ਆਏ ਹਨ (ਤੂੰ ਆਪਣੇ ਖ਼ਜ਼ਾਨੇ ਵਿਚੋਂ ਨਾਮ ਦਾ) ਸੌਦਾ ਕੱਢ ਕੇ ਇਹਨਾਂ ਨੂੰ ਸੌਦਾ ਕਰਨ ਦੀ ਜਾਚ ਸਿਖਾ ।੧।ਰਹਾਉ।

ਹੇ ਸ਼ਾਹ! (ਚੌਰਾਸੀ ਲੱਖ ਜੂਨਾਂ ਵਾਲਾ) ਓਪਰਾ ਦੇਸ ਬੜੀਆਂ ਔਖਿਆਈਆਂ ਨਾਲ ਲੰਘ ਕੇ ਮੈਂ (ਤੇਰੇ ਦਰ ਤੇ ਨਾਮ ਦਾ) ਸੌਦਾ ਕਰਨ ਆਇਆ ਹਾਂ, ਮੈਂ ਸੁਣਿਆ ਹੈ ਕਿ ਨਾਮ ਵਸਤ ਬੜੀ ਸੁੰਦਰ ਹੈ ਤੇ ਲਾਭ ਦੇਣ ਵਾਲੀ ਹੈ । ਹੇ ਗੁਰੂ! ਮੈਂ ਗੁਣਾਂ ਦਾ ਸਰਮਾਇਆ ਪੱਲੇ ਬੰਨ੍ਹ ਕੇ ਲਿਆਂਦਾ ਹੈ, ਪ੍ਰਭੂ ਦਾ ਨਾਮ-ਰਤਨ ਵੇਖ ਕੇ ਮੇਰਾ ਇਹ

ਮਨ (ਇਸ ਨੂੰ ਖਰੀਦਣ ਵਾਸਤੇ) ਰੀਝ ਪਿਆ ਹੈ ।੧।

(ਹੇ ਭਾਈ!) ਪਰਮਾਤਮਾ-ਸ਼ਾਹ ਨੇ ਮੈਨੂੰ ਗੁਰੂ ਦੇ ਪਾਸ ਭੇਜਿਆ (ਗੁਰੂ ਦੇ ਦਰ ਤੋਂ ਮੈਨੂੰ ਉਹ) ਰਤਨ ਮਿਲ ਪਿਆ ਹੈ ਉਹ ਸਰਮਾਇਆ ਮਿਲ ਪਿਆ ਹੈ, ਦੁਨੀਆ ਵਿਚ ਜਿਸ ਦੇ ਬਰਾਬਰ ਦੀ ਕੀਮਤ ਦਾ ਕੋਈ ਪਦਾਰਥ ਨਹੀਂ ਹੈ । (ਪਰਮਾਤਮਾ ਦੀ ਮੇਹਰ ਨਾਲ ਮੈਨੂੰ) ਪਿਆਰ-ਭਰੇ ਹਿਰਦੇ ਵਾਲਾ ਵਿਚੋਲਾ ਮਿੱਤਰ ਮਿਲ ਪਿਆ ਹੈ, ਉਸ ਪਾਸੋਂ ਪਰਮਾਤਮਾ ਦੇ ਨਾਮ ਦਾ ਸੌਦਾ ਲੱਭਾ ਹੈ ਤੇ ਮੇਰਾ ਮਨ ਦੁਨੀਆ ਦੇ ਪਦਾਰਥਾਂ ਵਲ ਡੋਲਣੋਂ ਹਟ ਗਿਆ ਹੈ ।੨।

(ਹੇ ਭਾਈ! ਇਸ ਰਤਨ ਨੂੰ ਇਸ ਸਰਮਾਏ ਨੂੰ) ਚੋਰਾਂ ਤੋਂ ਖ਼ਤਰਾ ਨਹੀਂ, ਹਵਾ ਤੋਂ ਡਰ ਨਹੀਂ, ਪਾਣੀ ਤੋਂ ਡਰ ਨਹੀਂ (ਨਾਹ ਚੋਰ ਚੁਰਾ ਸਕਦੇ ਹਨ ਨਾਹ ਝੱਖੜ ਉਡਾ ਸਕਦੇ ਹਨ ਨਾਹ ਪਾਣੀ ਡੋਬ ਸਕਦਾ ਹੈ) । ਆਤਮਕ ਅਡੋਲਤਾ ਦੀ ਬਰਕਤਿ ਨਾਲ ਇਹ ਰਤਨ ਮੈਂ (ਗੁਰੂ ਪਾਸੋਂ) ਖਰੀਦਿਆ ਹੈ, ਆਤਮਕ ਅਡੋਲਤਾ ਵਿਚ ਟਿਕਿਆ ਰਹਿ ਕੇ ਇਹ ਰਤਨ ਮੈਂ ਆਪਣੇ ਨਾਲ ਲੈ ਜਾਵਾਂਗਾ । ਈਮਾਨਦਾਰੀ ਨਾਲ ਖੱਟਣ ਕਰਕੇ ਇਹ ਰਤਨ ਹਾਸਲ ਕਰਨ ਵਿਚ ਮੈਨੂੰ ਕੋਈ ਦੁੱਖ ਨਹੀਂ ਸਹਾਰਨਾ ਪਿਆ, ਤੇ ਇਹ ਨਾਮ-ਸੌਦਾ ਮੈਂ ਸਹੀ ਸਲਾਮਤਿ ਸਾਂਭ ਕੇ ਆਪਣੇ ਹਿਰਦੇ-ਘਰ ਵਿਚ ਲੈ ਆਂਦਾ ਹੈ ।੩।

ਹੇ ਪੂਰੀਆਂ ਬਖ਼ਸ਼ਸ਼ਾਂ ਕਰਨ ਵਾਲੇ ਸ਼ਾਹ-ਪ੍ਰਭੂ! ਮੈਂ ਤੈਨੂੰ ਹੀ ਸਲਾਹੁੰਦਾ ਹਾਂ (ਤੇਰੀ ਮੇਹਰ ਨਾਲ ਮੈਨੂੰ ਤੇਰੇ ਨਾਮ ਦਾ) ਲਾਭ ਮਿਲਿਆ ਹੈ ਤੇ ਮੇਰੇ ਅੰਦਰ ਆਨੰਦ ਪੈਦਾ ਹੋ ਗਿਆ ਹੈ ।

ਹੇ ਭਾਈ! ਕਿਸੇ ਵਿਰਲੇ ਭਾਗਾਂ ਵਾਲੇ ਨੇ ਗੁਰੂ ਦੀ ਸਰਨ ਪੈ ਕੇ (ਪ੍ਰਭੂ ਦੇ ਨਾਮ ਦਾ) ਸੌਦਾ ਪ੍ਰਾਪਤ ਕੀਤਾ ਹੈ (ਗੁਰੂ ਦੀ ਸਰਨ ਪੈ ਕੇ ਹੀ) ਨਾਨਕ ਭੀ ਇਹ ਲਾਹੇਵੰਦਾ ਸੌਦਾ ਖੱਟ ਸਕਿਆ ਹੈ ।੪।੬।

ਆਸਾ ਮਹਲਾ ੫ ॥ ਗੁਨੁ ਅਵਗਨੁ ਮੇਰੋ ਕਛੁ ਨ ਬੀਚਾਰੋ ॥ ਨਹ ਦੇਖਿਓ ਰੂਪ ਰੰਗ ਸੀਂਗਾਰੋ ॥ ਚਜ ਅਚਾਰ ਕਿਛੁ ਬਿਧਿ ਨਹੀ ਜਾਨੀ ॥ ਬਾਹ ਪਕਰਿ ਪ੍ਰਿਅ ਸੇਜੈ ਆਨੀ ॥੧॥ ਸੁਨਿਬੋ ਸਖੀ ਕੰਤਿ ਹਮਾਰੋ ਕੀਅਲੋ ਖਸਮਾਨਾ ॥ ਕਰੁ ਮਸਤਕਿ ਧਾਰਿ ਰਾਖਿਓ ਕਰਿ ਅਪੁਨਾ ਕਿਆ ਜਾਨੈ ਇਹੁ ਲੋਕੁ ਅਜਾਨਾ ॥੧॥ ਰਹਾਉ ॥ ਸੁਹਾਗੁ ਹਮਾਰੋ ਅਬ ਹੁਣਿ ਸੋਹਿਓ ॥ ਕੰਤੁ ਮਿਲਿਓ ਮੇਰੋ ਸਭੁ ਦੁਖੁ ਜੋਹਿਓ ॥ ਆਂਗਨਿ ਮੇਰੈ ਸੋਭਾ ਚੰਦ ॥ ਨਿਸਿ ਬਾਸੁਰ ਪ੍ਰਿਅ ਸੰਗਿ ਅਨੰਦ ॥੨॥ ਬਸਤ੍ਰ ਹਮਾਰੇ ਰੰਗਿ ਚਲੂਲ ॥ ਸਗਲ ਆਭਰਣ ਸੋਭਾ ਕੰਠਿ ਫੂਲ ॥ ਪ੍ਰਿਅ ਪੇਖੀ ਦ੍ਰਿਸਟਿ ਪਾਏ ਸਗਲ ਨਿਧਾਨ ॥ ਦੁਸਟ ਦੂਤ ਕੀ ਚੂਕੀ ਕਾਨਿ ॥੩॥ ਸਦ ਖੁਸੀਆ ਸਦਾ ਰੰਗ ਮਾਣੇ ॥ ਨਉ ਨਿਧਿ ਨਾਮੁ ਗ੍ਰਿਹ ਮਹਿ ਤ੍ਰਿਪਤਾਨੇ ॥ ਕਹੁ ਨਾਨਕ ਜਉ ਪਿਰਹਿ ਸੀਗਾਰੀ ॥ ਥਿਰੁ ਸੋਹਾਗਨਿ ਸੰਗਿ ਭਤਾਰੀ ॥੪॥੭॥
{ਪੰਨਾ 372}

ਪਦਅਰਥ:- ਬੀਚਾਰੋ—ਬੀਚਾਰਾ, ਵਿਚਾਰਿਆ । ਚਜ—ਸੁਚੱਜ । ਅਚਾਰ—ਆਚਾਰ, ਚੰਗਾ ਆਚਰਨ । ਬਿਧਿ—ਢੰਗ, ਤਰੀਕਾ, ਜਾਚ । ਜਾਨੀ—ਜਾਣੀ, ਸਿੱਖੀ । ਪਕਰਿ—ਫੜ ਕੇ । ਪ੍ਰਿਅ—ਪਿਆਰੇ ਨੇ । ਆਨੀ—ਲੈ ਆਂਦਾ ।੧।

ਬੋ ਸਖੀ—ਹੇ ਸਖੀ! ਕੰਤਿ—ਕੰਤ ਨੇ । ਕੀਅਲੋ—ਕੀਤਾ । ਖਸਮਾਨਾ—ਖਸਮ ਵਾਲਾ ਫ਼ਰਜ਼, ਸੰਭਾਲ । ਕਰੁ—ਹੱਥ {ਇਕ-ਵਚਨ} । ਮਸਤਕਿ—ਮੱਥੇ ਉਤੇ । ਧਾਰਿ—ਰੱਖ ਕੇ । ਅਜਾਨਾ—ਅੰਞਾਣ, ਮੂਰਖ

।੧।ਰਹਾਉ।

ਸੁਹਾਗੁ—ਚੰਗਾ ਭਾਗ । ਸੋਹਿਓ—ਸੋਹਣਾ ਲੱਗ ਰਿਹਾ ਹੈ, ਚਮਕਿਆ ਹੈ । ਜੋਹਿਓ—ਗਹੁ ਨਾਲ ਵੇਖਿਆ ਹੈ (ਜਿਵੇਂ ਕੋਈ ਹਕੀਮ ਕਿਸੇ ਰੋਗੀ ਦਾ ਦੁੱਖ ਗਹੁ ਨਾਲ ਵੇਖਦਾ ਹੈ) । ਆਂਗਨਿ—(ਹਿਰਦਾ-ਰੂਪ) ਵੇਹੜੇ ਵਿਚ । ਨਿਸਿ—ਰਾਤ । ਬਾਸੁਰ—ਦਿਨ । ਸੰਗਿ—ਨਾਲ, ਸੰਗਤਿ ਵਿਚ ।੨।

ਰੰਗਿ ਚਲੂਲ—ਗੂੜ੍ਹੇ ਰੰਗ ਵਿਚ । ਸਗਲ—ਸਾਰੇ । ਆਭਰਣ—ਗਹਣੇ । ਕੰਠਿ—ਗਲ ਵਿਚ । ਪੇਖੀ—ਵੇਖੀ । ਦ੍ਰਿਸਟਿ—ਨਿਗਾਹ, ਨਜ਼ਰ । ਨਿਧਾਨ—ਖ਼ਜ਼ਾਨੇ । ਦੂਤ—ਵੈਰੀ । ਕਾਨਿ—ਕਾਣਿ, ਧੌਂਸ, ਦਬਾਉ ।੩।

ਸਦ—ਸਦਾ । ਨਉਨਿਧਿ—(ਧਰਤੀ ਦੇ ਸਾਰੇ ਹੀ) ਨੌ ਖ਼ਜ਼ਾਨੇ । ਗ੍ਰਿਹ ਮਹਿ—(ਹਿਰਦੇ-) ਘਰ ਵਿਚ । ਤ੍ਰਿਪਤਾਨੇ—ਸੰਤੋਖ ਆ ਗਿਆ । ਜਉ—ਜਦੋਂ । ਪਿਰਹਿ—ਪਿਰ ਨੇ, ਖਸਮ ਨੇ । ਸੀਗਾਰੀ—ਸਜਾ ਦਿੱਤੀ, ਸੋਹਣੀ ਬਣਾ ਦਿੱਤੀ । ਸੰਗਿ—ਨਾਲ । ਥਿਰੁ—ਅਡੋਲ-ਚਿਤ ।੪।

ਅਰਥ:- ਹੇ (ਮੇਰੀ) ਸਹੇਲੀਏ! ਸੁਣ ਮੇਰੇ ਖਸਮ-ਪ੍ਰਭੂ ਨੇ (ਮੇਰੀ) ਸੰਭਾਲ ਕੀਤੀ ਹੈ, (ਮੇਰੇ) ਮੱਥੇ ਉਤੇ (ਆਪਣਾ) ਹੱਥ ਰੱਖ ਕੇ ਉਸ ਨੇ ਮੈਨੂੰ ਆਪਣੀ ਜਾਣ ਕੇ ਮੇਰੀ ਰੱਖਿਆ ਕੀਤੀ ਹੈ । ਪਰ ਇਹ ਮੂਰਖ ਜਗਤ ਇਸ (ਭੇਤ) ਨੂੰ ਕੀਹ ਸਮਝੇ? ।੧।ਰਹਾਉ।

(ਹੇ ਸਹੇਲੀਏ! ਮੇਰੇ ਖਸਮ ਨੇ) ਮੇਰਾ ਕੋਈ ਗੁਣ ਨਹੀਂ ਵਿਚਾਰਿਆ ਮੇਰਾ ਕੋਈ ਔਗੁਣ ਨਹੀਂ ਤੱਕਿਆ । ਉਸ ਨੇ ਮੇਰਾ ਰੂਪ ਨਹੀਂ ਵੇਖਿਆ, ਰੰਗ ਨਹੀਂ ਵੇਖਿਆ, ਸਿੰਗਾਰ ਨਹੀਂ ਵੇਖਿਆ, ਮੈਂ ਕੋਈ ਸੁਚੱਜ ਨਹੀਂ ਸਾਂ ਸਿੱਖੀ ਹੋਈ, ਮੈਂ ਉੱਚੇ ਆਚਰਨ ਦਾ ਕੋਈ ਢੰਗ ਨਹੀਂ ਸਾਂ ਜਾਣਦੀ । ਫਿਰ ਭੀ (ਹੇ ਸਹੇਲੀਏ!) ਮੇਰੀ ਬਾਂਹ ਫੜ ਕੇ ਪਿਆਰੇ (ਪ੍ਰਭੂ-ਪਤੀ) ਨੇ ਮੈਨੂੰ ਆਪਣੀ ਸੇਜ ਉਤੇ ਲੈ ਆਂਦਾ ।੧।

(ਹੇ ਸਹੇਲੀਏ!) ਹੁਣ ਮੇਰਾ ਚੰਗਾ ਸਤਾਰਾ ਚਮਕ ਪਿਆ ਹੈ, ਮੇਰਾ ਪ੍ਰਭੂ-ਪਤੀ ਮੈਨੂੰ ਮਿਲ ਪਿਆ ਹੈ, ਉਸ ਨੇ ਮੇਰਾ ਸਾਰਾ ਰੋਗ ਗਹੁ ਨਾਲ ਤੱਕ ਲਿਆ ਹੈ । ਮੇਰੇ (ਹਿਰਦੇ ਦੇ) ਵੇਹੜੇ ਵਿਚ ਸੋਭਾ ਦਾ ਚੰਦ ਚੜ੍ਹ ਪਿਆ ਹੈ । ਮੈਂ ਰਾਤ ਦਿਨ ਪਿਆਰੇ (ਪ੍ਰਭੂ-ਪਤੀ) ਨਾਲ ਆਨੰਦ ਮਾਣ ਰਹੀ ਹਾਂ ।੨।

(ਹੇ ਸਹੇਲੀਏ!) ਪਿਆਰੇ (ਪ੍ਰਭੂ-ਪਤੀ) ਨੇ ਮੈਨੂੰ (ਪਿਆਰ ਦੀ) ਨਿਗਾਹ ਨਾਲ ਤੱਕਿਆ ਹੈ (ਹੁਣ, ਮਾਨੋ) ਮੈਂ ਸਾਰੇ ਹੀ ਖ਼ਜ਼ਾਨੇ ਪ੍ਰਾਪਤ ਕਰ ਲਏ ਹਨ, ਮੇਰੇ (ਸਾਲੂ ਆਦਿਕ) ਕੱਪੜੇ, ਗੂੜ੍ਹੇ ਰੰਗ ਵਿਚ ਰੰਗੇ ਗਏ ਹਨ, ਸਾਰੇ ਗਹਣੇ (ਮੇਰੇ ਸਰੀਰ ਉਤੇ ਫਬ ਰਹੇ ਹਨ) ਫੁੱਲਾਂ ਦੇ ਹਾਰ ਮੇਰੇ ਗਲ ਵਿਚ ਸੋਭਾ ਦੇ ਰਹੇ ਹਨ । ਹੁਣ, ਹੇ ਸਹੇਲੀਏ! (ਕਮਾਦਿਕ) ਭੈੜੇ ਵੈਰੀਆਂ ਦੀ ਧੌਂਸ (ਮੇਰੇ ਉੱਤੋਂ) ਮੁੱਕ ਗਈ ਹੈ ।੩।

(ਹੇ ਸਹੇਲੀਏ! ਜਗਤ ਦੇ ਸਾਰੇ) ਨੌ ਖ਼ਜ਼ਾਨਿਆਂ (ਵਰਗਾ) ਪਰਮਾਤਮਾ ਦਾ ਨਾਮ ਮੇਰੇ ਹਿਰਦੇ-ਘਰ ਵਿਚ ਆ ਵੱਸਿਆ ਹੈ, ਮੇਰੀ ਸਾਰੀ ਤ੍ਰਿਸਨਾ ਮੁੱਕ ਗਈ ਹੈ, ਮੈਨੂੰ ਹੁਣ ਸਦਾ ਖ਼ੁਸ਼ੀਆਂ ਹੀ ਖ਼ੁਸ਼ੀਆਂ ਹਨ, ਮੈਂ ਹੁਣ ਸਦਾ ਆਤਮਕ ਆਨੰਦ ਮਾਣ ਰਹੀ ਹਾਂ ।

ਹੇ ਨਾਨਕ! (ਆਖ—) ਜਦੋਂ (ਕਿਸੇ ਜੀਵ-ਇਸਤ੍ਰੀ ਨੂੰ) ਪ੍ਰਭੂ-ਪਤੀ ਨੇ ਸੁੰਦਰ ਜੀਵਨ ਵਾਲੀ ਬਣਾ ਦਿੱਤਾ ਉਹ ਪ੍ਰਭੂ-ਪਤੀ ਦੇ ਚਰਨਾਂ ਵਿਚ ਜੁੜ ਕੇ ਚੰਗੇ ਭਾਗਾਂ ਵਾਲੀ ਬਣ ਗਈ, ਉਹ ਸਦਾ ਲਈ ਅਡੋਲ-ਚਿੱਤ ਹੋ ਗਈ ।੪।੭।

ਆਸਾ ਮਹਲਾ ੫ ॥ ਦਾਨੁ ਦੇਇ ਕਰਿ ਪੂਜਾ ਕਰਨਾ ॥ ਲੈਤ ਦੇਤ ਉਨ੍ ਮੂਕਰਿ ਪਰਨਾ ॥ ਜਿਤੁ ਦਰਿ ਤੁਮ੍ ਹੈ ਬ੍ਰਾਹਮਣ ਜਾਣਾ ॥ ਤਿਤੁ ਦਰਿ ਤੂੰਹੀ ਹੈ ਪਛੁਤਾਣਾ ॥੧॥ ਐਸੇ ਬ੍ਰਾਹਮਣ ਡੂਬੇ ਭਾਈ ॥

ਨਿਰਾਪਰਾਧ ਚਿਤਵਹਿ ਬੁਰਿਆਈ ॥੧॥ ਰਹਾਉ ॥ ਅੰਤਰਿ ਲੋਭੁ ਫਿਰਹਿ ਹਲਕਾਏ ॥ ਨਿੰਦਾ ਕਰਹਿ ਸਿਰਿ ਭਾਰੁ ਉਠਾਏ ॥ ਮਾਇਆ ਮੂਠਾ ਚੇਤੈ ਨਾਹੀ ॥ ਭਰਮੇ ਭੂਲਾ ਬਹੁਤੀ ਰਾਹੀ ॥੨॥ ਬਾਹਰਿ ਭੇਖ ਕਰਹਿ ਘਨੇਰੇ ॥ ਅੰਤਰਿ ਬਿਖਿਆ ਉਤਰੀ ਘੇਰੇ ॥ ਅਵਰ ਉਪਦੇਸੈ ਆਪਿ ਨ ਬੂਝੈ ॥ ਐਸਾ ਬ੍ਰਾਹਮਣੁ ਕਹੀ ਨ ਸੀਝੈ ॥੩॥ ਮੂਰਖ ਬਾਮਣ ਪ੍ਰਭੂ ਸਮਾਲਿ ॥ ਦੇਖਤ ਸੁਨਤ ਤੇਰੈ ਹੈ ਨਾਲਿ ॥ ਕਹੁ ਨਾਨਕ ਜੇ ਹੋਵੀ ਭਾਗੁ ॥ ਮਾਨੁ ਛੋਡਿ ਗੁਰ ਚਰਣੀ ਲਾਗੁ ॥੪॥੮॥ {ਪੰਨਾ 372}

ਪਦਅਰਥ:- ਦੇਇ ਕਰਿ—ਦੇ ਕੇ । ਲੈਤ ਦੇਤ—ਲੈਂਦਿਆਂ ਦੇਂਦਿਆਂ । ਉਨ੍—ਉਹਨਾਂ (ਬ੍ਰਾਹਮਣਾਂ) ਨੇ । ਮੂਕਰਿ ਪਰਨਾ—ਮੁੱਕਰ ਜਾਣਾ, ਜਜਮਾਨਾਂ ਦੇ ਦਿੱਤੇ ਦਾਨ ਤੇ ਜਜਮਾਨਾਂ ਦਾ ਕਦੇ ਅਹਸਾਨ ਨਾਹ ਮੰਨਣਾ । ਜਿਤੁ ਦਰਿ—ਜਿਸ (ਪ੍ਰਭੂ-) ਦਰ ਤੇ । ਬ੍ਰਾਹਮਣ—ਹੇ ਬ੍ਰਾਹਮਣ! ਤਿਤੁ ਦਰਿ—ਉਸ ਦਰ ਤੇ ।੧।

ਡੂਬੇ—(ਮਾਇਆ ਦੇ ਮੋਹ ਵਿਚ) ਡੁੱਬੇ ਹੋਏ । ਭਾਈ—ਹੇ ਭਾਈ! ਨਿਰਾਪਰਾਧ—ਨਿਰ-ਅਪਰਾਧ, ਨਿਦੋਸਿਆਂ ਦੀ । ਚਿਤਵਹਿ ਬੁਰਿਆਈ—ਨੁਕਸਾਨ ਕਰਨ ਦੀਆਂ ਸੋਚਾਂ ਸੋਚਦੇ ਰਹਿੰਦੇ ਹਨ ।੧।ਰਹਾਉ।

ਅੰਤਰਿ—ਅੰਦਰ, ਮਨ ਵਿਚ । ਹਲਕਾਏ—ਹਲਕੇ ਹੋਏ ਹੋਏ । ਸਿਰਿ—ਸਿਰ ਉਤੇ । ਉਠਾਏ—ਉਠਾਇ, ਚੁੱਕ ਕੇ । ਮੂਠਾ—ਠੱਗਿਆ ਹੋਇਆ, ਆਤਮਕ ਜੀਵਨ ਦਾ ਸਰਮਾਇਆ ਲੁਟਾ ਚੁੱਕਿਆ ਹੈ । ਭਰਮੇ—ਭਟਕਣਾ ਵਿਚ ।੨।

ਕਰਹਿ—ਕਰਦੇ ਹਨ । ਘਨੇਰੇ—ਬਹੁਤ । ਬਿਖਿਆ—ਮਾਇਆ । ਘੇਰੇ—ਘੇਰਿ, ਘੇਰ ਕੇ । ਉਤਰੀ—ਡੇਰਾ ਪਾਈ ਬੈਠੀ ਹੈ । ਅਵਰ—ਹੋਰਨਾਂ ਨੂੰ । ਨ ਸੀਝੈ—ਕਾਮਯਾਬ ਨਹੀਂ ਹੁੰਦਾ । ਕਹੀ—ਕਿਤੇ ਭੀ, ਕਹੀਂ ।੩।

ਬਾਮਣ—ਹੇ ਬ੍ਰਾਹਮਣ! ਹੋਵੀ—ਹੋਵੇ । ਛੋਡਿ—ਛੱਡ ਕੇ ।੪।

ਅਰਥ:- ਹੇ ਭਾਈ! ਇਹੋ ਜਿਹੇ ਬ੍ਰਾਹਮਣਾਂ ਨੂੰ (ਮਾਇਆ ਦੇ ਮੋਹ ਵਿਚ) ਡੁੱਬੇ ਹੋਏ ਜਾਣੋ ਜੇਹੜੇ ਨਿਦੋਸੇ ਬੰਦਿਆਂ ਨੂੰ ਭੀ ਨੁਕਸਾਨ ਅਪੜਾਨ ਦੀਆਂ ਸੋਚਾਂ ਸੋਚਦੇ ਰਹਿੰਦੇ ਹਨ (ਉਚੀ ਜਾਤਿ ਦਾ ਹੋਣਾ, ਜਾਂ ਵੇਦ ਸ਼ਾਸਤ੍ਰ ਪੜ੍ਹੇ ਹੋਣਾ ਭੀ ਉਹਨਾਂ ਦੇ ਆਤਮਕ ਜੀਵਨ ਨੂੰ ਗ਼ਰਕ ਹੋਣੋਂ ਨਹੀਂ ਬਚਾ ਸਕਦਾ, ਜੇ ਉਹ ਦੂਜਿਆਂ ਦਾ ਬੁਰਾ ਤੱਕਦੇ ਰਹਿੰਦੇ ਹਨ) ।੧।ਰਹਾਉ।

(ਹੇ ਭਾਈ! ਵੇਖੋ ਅਜੇਹੇ ਬ੍ਰਾਹਮਣਾਂ ਦਾ ਹਾਲ! ਜਜਮਾਨ ਤਾਂ) ਉਹਨਾਂ ਨੂੰ ਦਾਨ ਦੇ ਕੇ ਉਹਨਾਂ ਦੀ ਪੂਜਾ-ਮਾਨਤਾ ਕਰਦੇ ਹਨ, ਪਰ ਉਹ ਬ੍ਰਾਹਮਣ ਲੈਂਦੇ ਦੇਂਦੇ ਭੀ (ਸਭ ਕੁਝ ਹਾਸਲ ਕਰਦੇ ਹੋਏ ਭੀ) ਸਦਾ ਮੁੱਕਰੇ ਰਹਿੰਦੇ ਹਨ (ਕਦੇ ਆਪਣੇ ਜਜਮਾਨਾਂ ਦਾ ਧੰਨਵਾਦ ਤਕ ਨਹੀਂ ਕਰਦੇ । ਸਗੋਂ ਦਾਨ ਲੈ ਕੇ ਭੀ ਇਹੀ ਜ਼ਾਹਰ ਕਰਦੇ ਹਨ ਕਿ ਅਸੀ ਜਜਮਾਨਾਂ ਦਾ ਪਰਲੋਕ ਸਵਾਰ ਰਹੇ ਹਾਂ) । ਪਰ, ਹੇ ਬ੍ਰਾਹਮਣ! (ਇਹ ਚੇਤਾ ਰੱਖ) ਜਿਸ ਪ੍ਰਭੂ-ਦਰ ਤੇ (ਆਖ਼ਿਰ) ਤੂੰ ਪਹੁੰਚਣਾ ਹੈ ਉਸ ਦਰ ਤੇ ਤੂੰ ਹੀ (ਆਪਣੀਆਂ ਇਹਨਾਂ ਕਰਤੂਤਾਂ ਦੇ ਕਾਰਨ) ਪਛੁਤਾਵੇਂਗਾ ।੧।

ਹੇ ਭਾਈ! ਉਂਞ ਤਾਂ ਇਹ ਬ੍ਰਾਹਮਣ ਆਪਣੇ ਆਪ ਨੂੰ ਵੇਦ ਆਦਿਕ ਧਰਮ-ਪੁਸਤਕਾਂ ਦੇ ਗਿਆਤਾ ਜ਼ਾਹਰ ਕਰਦੇ ਹਨ, ਪਰ ਇਹਨਾਂ ਦੇ ਮਨ ਵਿਚ ਲੋਭ (ਠਾਠਾਂ ਮਾਰ ਰਿਹਾ ਹੈ, ਇਹ ਲੋਭ ਨਾਲ) ਹਲਕੇ ਹੋਏ ਫਿਰਦੇ ਹਨ । ਆਪਣੇ ਆਪ ਨੂੰ ਵਿਦਵਾਨ ਜ਼ਾਹਰ ਕਰਦੇ ਹੋਏ ਭੀ ਇਹ (ਦੂਜਿਆਂ ਦੀ) ਨਿੰਦਾ ਕਰਦੇ ਫਿਰਦੇ ਹਨ, ਆਪਣੇ ਸਿਰ ਉਤੇ ਨਿੰਦਾ ਦਾ ਭਾਰ ਚੁੱਕੀ ਫਿਰਦੇ ਹਨ ।

(ਹੇ ਭਾਈ!) ਮਾਇਆ (ਦੇ ਮੋਹ) ਦੇ ਹੱਥੋਂ ਆਪਣੇ ਆਤਮਕ ਜੀਵਨ ਦੀ ਰਾਸਿ-ਪੂੰਜੀ ਲੁਟਾ ਬੈਠਾ ਇਹ ਬ੍ਰਾਹਮਣ ਪਰਮਾਤਮਾ ਨੂੰ ਚੇਤੇ ਨਹੀਂ ਕਰਦਾ (ਇਸ ਪਾਸੇ) ਧਿਆਨ ਨਹੀਂ ਦੇਂਦਾ । ਮਾਇਆ ਦੀ ਭਟਕਣਾ ਦੇ

ਕਾਰਨ ਕੁਰਾਹੇ ਪਿਆ ਹੋਇਆ ਬ੍ਰਾਹਮਣ ਕਈ ਪਾਸੀਂ ਖ਼ੁਆਰ ਹੁੰਦਾ ਫਿਰਦਾ ਹੈ ।੨।

(ਹੇ ਭਾਈ!) ਅਜੇਹੇ ਬ੍ਰਾਹਮਣਾਂ ਦੇ ਆਪਣੇ ਅੰਦਰ ਤਾਂ ਮਾਇਆ ਘੇਰ ਕੇ ਡੇਰਾ ਪਾਈ ਬੈਠੀ ਹੈ ਪਰ ਬਾਹਰ (ਲੋਕਾਂ ਨੂੰ ਪਤਿਆਉਣ ਵਾਸਤੇ, ਆਪਣੇ ਆਪ ਨੂੰ ਲੋਕਾਂ ਦਾ ਧਾਰਮਿਕ ਆਗੂ ਜ਼ਾਹਰ ਕਰਨ ਵਾਸਤੇ) ਕਈ (ਧਾਰਮਿਕ) ਭੇਖ ਕਰਦੇ ਹਨ ।

(ਹੇ ਭਾਈ! ਜੇਹੜਾ ਬ੍ਰਾਹਮਣ) ਹੋਰਨਾਂ ਨੂੰ ਤਾਂ (ਧਰਮ ਦਾ) ਉਪਦੇਸ ਕਰਦਾ ਹੈ, ਪਰ ਆਪ (ਉਸ ਧਰਮ ਨੂੰ) ਨਹੀਂ ਸਮਝਦਾ, ਅਜੇਹਾ ਬ੍ਰਾਹਮਣ (ਲੋਕ ਪਰਲੋਕ) ਕਿਤੇ ਭੀ ਕਾਮਯਾਬ ਨਹੀਂ ਹੁੰਦਾ ।੩।

ਹੇ ਨਾਨਕ! (ਅਜੇਹੇ ਬ੍ਰਾਹਮਣ ਨੂੰ ਆਖ—) ਹੇ ਮੂਰਖ ਬ੍ਰਾਹਮਣ! ਪਰਮਾਤਮਾ ਨੂੰ (ਆਪਣੇ ਹਿਰਦੇ ਵਿਚ) ਯਾਦ ਕਰਿਆ ਕਰ, ਉਹ ਪਰਮਾਤਮਾ (ਤੇਰੇ ਸਾਰੇ ਕੰਮ) ਵੇਖਦਾ (ਤੇਰੀਆਂ ਸਾਰੀਆਂ ਗੱਲਾਂ) ਸੁਣਦਾ (ਸਦਾ) ਤੇਰੇ ਨਾਲ ਰਹਿੰਦਾ ਹੈ । ਜੇ ਤੇਰੇ ਭਾਗ ਜਾਗਣ ਤਾਂ (ਆਪਣੀ ਉੱਚੀ ਜਾਤਿ ਤੇ ਵਿੱਦਵਤਾ ਦਾ) ਮਾਣ ਛੱਡ ਕੇ ਗੁਰੂ ਦੀ ਸਰਨ ਪਉ ।੪।੮।

ਆਸਾ ਮਹਲਾ ੫ ॥ ਦੂਖ ਰੋਗ ਭਏ ਗਤੁ ਤਨ ਤੇ ਮਨੁ ਨਿਰਮਲੁ ਹਰਿ ਹਰਿ ਗੁਣ ਗਾਇ ॥ ਭਏ ਅਨੰਦ ਮਿਲਿ ਸਾਧੂ ਸੰਗਿ ਅਬ ਮੇਰਾ ਮਨੁ ਕਤ ਹੀ ਨ ਜਾਇ ॥੧॥ ਤਪਤਿ ਬੁਝੀ ਗੁਰ ਸਬਦੀ ਮਾਇ ॥ ਬਿਨਸਿ ਗਇਓ ਤਾਪ ਸਭ ਸਹਸਾ ਗੁਰੁ ਸੀਤਲੁ ਮਿਲਿਓ ਸਹਜਿ ਸੁਭਾਇ ॥੧॥ ਰਹਾਉ ॥ ਧਾਵਤ ਰਹੇ ਏਕੁ ਇਕੁ ਬੂਝਿਆ ਆਇ ਬਸੇ ਅਬ ਨਿਹਚਲੁ ਥਾਇ ॥ ਜਗਤੁ ਉਧਾਰਨ ਸੰਤ ਤੁਮਾਰੇ ਦਰਸਨੁ ਪੇਖਤ ਰਹੇ ਅਘਾਇ ॥੨॥ ਜਨਮ ਦੋਖ ਪਰੇ ਮੇਰੇ ਪਾਛੈ ਅਬ ਪਕਰੇ ਨਿਹਚਲੁ ਸਾਧੂ ਪਾਇ ॥ ਸਹਜ ਧੁਨਿ ਗਾਵੈ ਮੰਗਲ ਮਨੂਆ ਅਬ ਤਾ ਕਉ ਫੁਨਿ ਕਾਲੁ ਨ ਖਾਇ ॥੩॥ ਕਰਨ ਕਾਰਨ ਸਮਰਥ ਹਮਾਰੇ ਸੁਖਦਾਈ ਮੇਰੇ ਹਰਿ ਹਰਿ ਰਾਇ ॥ ਨਾਮੁ ਤੇਰਾ ਜਪਿ ਜੀਵੈ ਨਾਨਕੁ ਓਤਿ ਪੋਤਿ ਮੇਰੈ ਸੰਗਿ ਸਹਾਇ ॥੪॥੯॥ ਆਸਾ ਮਹਲਾ ੫ ॥ {ਪੰਨਾ 373}

ਪਦਅਰਥ:- ਭਏ ਗਤੁ—ਚਲੇ ਗਏ, ਦੂਰ ਹੋ ਗਏ । ਤੇ—ਤੋਂ । ਗਾਇ—ਗਾ ਕੇ । ਮਿਲਿ—ਮਿਲ ਕੇ । ਸਾਧੂ ਸੰਗਿ—ਗੁਰੂ ਦੀ ਸੰਗਤਿ ਵਿਚ । ਕਤ ਹੀ—ਕਿਤੇ ਭੀ ।੧।

ਤਪਤਿ—ਤਪਸ਼, ਸੜਨ । ਮਾਇ—ਹੇ ਮਾਂ! ਸਹਸਾ—ਸਹਮ । ਸੀਤਲੁ—ਠੰਢ ਪਾਣ ਵਾਲਾ । ਸਹਜਿ—ਆਤਮਕ ਅਡੋਲਤਾ ਵਿਚ । ਸੁਭਾਇ—ਪ੍ਰੇਮ ਵਿਚ ।੧।ਰਹਾਉ।

ਧਾਵਤ—ਦੌੜਨਾ-ਭੱਜਣਾ । ਰਹੇ—ਮੁੱਕ ਗਏ । ਥਾਇ—ਟਿਕਾਣੇ ਤੇ । ਨਿਹਚਲੁ—ਅਡੋਲ-ਚਿੱਤ ਹੋ ਕੇ । ਰਹੇ ਅਘਾਇ—ਰੱਜ ਗਏ, ਤ੍ਰਿਸ਼ਨਾ ਮੁੱਕ ਗਈ ।੨।

ਦੋਖ—ਐਬ । ਪਰੇ ਪਾਛੈ—ਪਿੱਛੇ ਰਹਿ ਗਏ ਹਨ, ਖ਼ਲਾਸੀ ਕਰ ਗਏ ਹਨ । ਪਾਇ—ਪੈਰ ।

ਸਹਜ ਧੁਨਿ—ਆਤਮਕ ਅਡੋਲਤਾ ਦੀ ਸੁਰ ਨਾਲ । ਮੰਗਲ—ਸਿਫ਼ਤਿ-ਸਾਲਾਹ ਦੇ ਗੀਤ । ਤਾ ਤਉ—ਉਸ (ਮਨ) ਨੂੰ । ਫੁਨਿ—ਫਿਰ, ਮੁੜ । ਕਾਲੁ—ਆਤਮਕ ਮੌਤ ।੩।

ਕਰਨ ਕਾਰਨ ਸਮਰਥ—ਸਭ ਕੁਝ ਕਰਨ ਤੇ ਕਰਾਣ ਦੀ ਤਾਕਤ ਰੱਖਣ ਵਾਲੇ! ਹਰਿ ਰਾਇ—ਪ੍ਰਭੂ-ਪਾਤਿਸ਼ਾਹ! ਜੀਵੈ—ਜੀਊਂਦਾ ਹੈ, ਆਤਮਕ ਜੀਵਨ ਹਾਸਲ ਕਰਦਾ ਹੈ । ਓਤਿ—ਉਣੇ ਹੋਏ ਵਿਚ । ਪੋਤਿ—ਪ੍ਰੋਤੇ ਹੋਏ ਵਿਚ । ਓਤਿ ਪੋਤਿ—ਜਿਵੇਂ ਤਾਣੇ ਪੇਟੇ ਵਿਚ । ਸੰਗਿ—ਨਾਲ । ਸਹਾਇ—ਸਹਾਈ, ਸਾਥੀ ।੪।

ਅਰਥ:- ਹੇ ਮਾਂ! ਗੁਰੂ ਦੇ ਸਬਦ ਦੀ ਬਰਕਤਿ ਨਾਲ (ਮੇਰੇ ਅੰਦਰੋਂ ਵਿਕਾਰਾਂ ਦੀ) ਸੜਨ ਮਿਟ ਗਈ ਹੈ । ਮੇਰੇ ਸਾਰੇ ਦੁੱਖ ਕਲੇਸ਼ ਤੇ ਸਹਮ ਨਾਸ ਹੋ ਗਏ ਹਨ । ਆਤਮਕ ਠੰਡ ਦੇਣ ਵਾਲਾ ਗੁਰੂ ਮੈਨੂੰ ਮਿਲ ਪਿਆ ਹੈ । ਹੁਣ ਮੈਂ ਆਤਮਕ ਅਡੋਲਤਾ ਵਿਚ ਟਿਕਿਆ ਹੋਇਆ ਹਾਂ, ਹੁਣ ਮੈਂ ਪ੍ਰਭੂ-ਪ੍ਰੇਮ ਵਿਚ ਮਗਨ ਹਾਂ ।੧।ਰਹਾਉ।

(ਹੇ ਮਾਂ!) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾ ਗਾ ਕੇ ਮੇਰਾ ਮਨ ਪਵਿੱਤਰ ਹੋ ਗਿਆ ਹੈ, ਮੇਰੇ ਸਰੀਰ ਤੋਂ ਸਾਰੇ ਦੁੱਖ ਤੇ ਰੋਗ ਦੂਰ ਹੋ ਗਏ ਹਨ । ਗੁਰੂ ਦੀ ਸੰਗਤ ਵਿਚ ਮਿਲ ਕੇ ਮੇਰੇ ਅੰਦਰ ਆਨੰਦ ਹੀ ਆਨੰਦ ਬਣਿਆ ਪਿਆ ਹੈ । ਹੁਣ ਮੇਰਾ ਮਨ ਕਿਸੇ ਭੀ ਪਾਸੇ ਨਹੀਂ ਭਟਕਦਾ ।੧।

(ਹੇ ਮਾਂ!) ਜਦੋਂ ਦੀ ਮੈਂ ਸਿਰਫ਼ ਇਕ ਪਰਮਾਤਮਾ ਨਾਲ ਸਾਂਝ ਪਾਈ ਹੈ ਮੇਰੀਆਂ ਸਾਰੀਆ ਭਟਕਣਾਂ ਮੁੱਕ ਗਈਆਂ ਹਨ, ਹੁਣ ਮੈਂ ਅਡੋਲ-ਚਿੱਤ ਹੋ ਕੇ ਪ੍ਰਭੂ ਚਰਨਾਂ ਵਿਚ ਆ ਟਿਕਿਆ ਹਾਂ ।

(ਹੇ ਪ੍ਰਭੂ!) ਸਾਰੇ ਸੰਸਾਰ ਨੂੰ ਵਿਕਾਰਾਂ ਤੋਂ ਬਚਾਣ ਵਾਲੇ ਤੇਰੇ ਸੰਤ ਜਨਾਂ ਦਾ ਦਰਸ਼ਨ ਕਰ ਕੇ ਮੇਰੀ ਸਾਰੀ ਤ੍ਰਿਸ਼ਨਾ ਮੁੱਕ ਗਈ ਹੈ ।੨।

(ਹੇ ਮਾਂ!) ਹੁਣ ਮੈਂ ਅਡੋਲ-ਚਿੱਤ ਹੋ ਕੇ ਗੁਰੂ ਦੇ ਪੈਰ ਫੜ ਲਏ ਹਨ, ਮੇਰੇ ਅਨੇਕਾਂ ਜਨਮਾਂ ਦੇ ਪਾਪ ਮੇਰੀ ਖ਼ਲਾਸੀ ਕਰ ਗਏ ਹਨ । ਮੇਰਾ ਮਨ ਆਤਮਕ ਅਡੋਲਤਾ ਦੀ ਸੁਰ ਵਿਚ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ, ਹੁਣ ਇਸ ਮਨ ਨੂੰ ਕਦੇ ਆਤਮਕ ਮੌਤ ਹੜੱਪ ਨਹੀਂ ਕਰਦੀ ।੩।

ਹੇ ਮੇਰੇ ਪ੍ਰਭੂ ਪਾਤਸ਼ਾਹ! ਹੇ ਸੁਖਾਂ ਦੇ ਬਖ਼ਸ਼ਣ ਵਾਲੇ! ਹੇ ਸਭ ਕੁਝ ਕਰਨ ਤੇ ਕਰਾਣ ਦੀ ਸ਼ਕਤੀ ਰੱਖਣ ਵਾਲੇ! (ਤੇਰਾ ਦਾਸ) ਨਾਨਕ ਤੇਰਾ ਨਾਮ ਯਾਦ ਕਰ ਕਰ ਕੇ ਆਤਮਕ ਜੀਵਨ ਹਾਸਲ ਕਰ ਰਿਹਾ ਹੈ, ਤੂੰ ਮੇਰੇ ਨਾਲ (ਇਉਂ ਹਰ ਵੇਲੇ ਦਾ) ਸਾਥੀ ਹੈਂ, (ਜਿਵੇਂ) ਤਾਣੇ ਪੇਟੇ ਵਿਚ (ਸੂਤਰ ਮਿਲਿਆ ਹੋਇਆ ਹੁੰਦਾ ਹੈ) ।੪।੯।

ਅਰੜਾਵੈ ਬਿਲਲਾਵੈ ਨਿੰਦਕੁ ॥ ਪਾਰਬ੍ਰਹਮੁ ਪਰਮੇਸਰੁ ਬਿਸਰਿਆ ਅਪਣਾ ਕੀਤਾ ਪਾਵੈ ਨਿੰਦਕੁ ॥੧॥ ਰਹਾਉ ॥ ਜੇ ਕੋਈ ਉਸ ਕਾ ਸੰਗੀ ਹੋਵੈ ਨਾਲੇ ਲਏ ਸਿਧਾਵੈ ॥ ਅਣਹੋਦਾ ਅਜਗਰੁ ਭਾਰੁ ਉਠਾਏ ਨਿੰਦਕੁ ਅਗਨੀ ਮਾਹਿ ਜਲਾਵੈ ॥੧॥ ਪਰਮੇਸਰ ਕੈ ਦੁਆਰੈ ਜਿ ਹੋਇ ਬਿਤੀਤੈ ਸੁ ਨਾਨਕੁ ਆਖਿ ਸੁਣਾਵੈ ॥ ਭਗਤ ਜਨਾ ਕਉ ਸਦਾ ਅਨੰਦੁ ਹੈ ਹਰਿ ਕੀਰਤਨੁ ਗਾਇ ਬਿਗਸਾਵੈ ॥੨॥੧੦॥ {ਪੰਨਾ 373}

ਪਦਅਰਥ:- ਅਰੜਾਵੈ—ਅੜਾਂਦਾ ਹੈ, ਉੱਚੀ ਉੱਚੀ ਰੋਂਦਾ ਹੈ, ਬਹੁਤ ਦੁੱਖੀ ਹੁੰਦਾ ਹੈ ।੧।ਰਹਾਉ।

ਸੰਗੀ—ਸਾਥੀ । ਨਾਲੇ—ਆਪਣੇ ਨਾਲ ਹੀ । ਲਏ—ਲੈ ਕੇ । ਸਿਧਾਵੈ—(ਨਿੰਦਾ ਦੇ ਮੰਦ-ਕਰਮ ਵਲ) ਤੁਰ ਪੈਂਦਾ ਹੈ । ਅਣਹੋਦਾ—ਜਿਸ ਦੀ ਹੋਂਦ ਨਹੀਂ । ਅਜਗਰੁ—{ਅਜ—ਬੱਕਰਾ । ਗਰੁ—ਨਿਗਲਣ ਵਾਲਾ} ਅਜ਼ਦਹਾ, ਵੱਡਾ ਭਾਰਾ ਨਾਗ; ਬਹੁਤ । ਮਾਹਿ—ਵਿਚ । ਜਲਾਵੈ—ਸਾੜਦਾ ਹੈ ।੧।

ਕੈ ਦੁਆਰੈ—ਦੇ ਦਰ ਤੇ । ਜਿ—ਜੇਹੜਾ ਨਿਯਮ । ਬਿਤੀਤੈ—ਵਰਤਦਾ ਹੈ । ਆਖਿ—ਆਖ ਕੇ । ਬਿਗਸਾਵੈ—ਖ਼ੁਸ਼ ਰਹਿੰਦਾ ਹੈ ।੨।

ਅਰਥ:- (ਹੇ ਭਾਈ! ਭਗਤ ਜਨਾਂ ਦੀ) ਨਿੰਦਾ ਕਰਨ ਵਾਲਾ (ਆਪਣੇ ਅੰਦਰ) ਬੜਾ ਦੁੱਖੀ ਹੁੰਦਾ ਰਹਿੰਦਾ ਹੈ ਬੜਾ ਵਿਲਕਦਾ ਹੈ । (ਨਿੰਦਾ ਵਿਚ ਫਸੇ ਹੋਏ ਉਸ ਨੂੰ) ਪਾਰਬ੍ਰਹਮ ਪਰਮਾਤਮਾ ਭੁੱਲਿਆ ਹੁੰਦਾ ਹੈ, (ਇਸ ਕਰਕੇ) ਨਿੰਦਾ ਕਰਨ ਵਾਲਾ ਮਨੁੱਖ (ਗੁਰਮੁਖਾਂ ਦੀ) ਕੀਤੀ ਨਿੰਦਾ ਦਾ (ਦੁੱਖ-ਰੂਪ) ਫਲ ਭੋਗਦਾ ਰਹਿੰਦਾ ਹੈ

।੧।ਰਹਾਉ।

(ਹੇ ਭਾਈ!) ਜੇ ਕੋਈ ਮਨੁੱਖ ਉਸ ਨਿੰਦਕ ਦਾ ਸਾਥੀ ਬਣੇ (ਨਿੰਦਕ ਨਾਲ ਮੇਲ-ਜੋਲ ਰੱਖਣਾ ਸ਼ੁਰੂ ਕਰੇ, ਤਾਂ ਨਿੰਦਕ) ਉਸ ਨੂੰ ਭੀ ਆਪਣੇ ਨਾਲ ਲੈ ਤੁਰਦਾ ਹੈ (ਨਿੰਦਾ ਕਰਨ ਦੀ ਵਾਦੀ ਪਾ ਦੇਂਦਾ ਹੈ) । ਨਿੰਦਕ (ਨਿੰਦਾ ਦਾ) ਮਨੋ-ਕਲਪਤ ਹੀ ਬੇਅੰਤ ਭਾਰ (ਆਪਣੇ ਸਿਰ ਉਤੇ) ਚੁੱਕੀ ਫਿਰਦਾ ਹੈ, ਤੇ ਆਪਣੇ ਆਪ ਨੂੰ ਨਿੰਦਾ ਦੀ ਅੱਗ ਵਿਚ ਸਾੜਦਾ ਰਹਿੰਦਾ ਹੈ ।੧।

(ਹੇ ਭਾਈ! ਆਤਮਕ ਜੀਵਨ ਬਾਰੇ) ਜੇਹੜਾ ਨਿਯਮ ਪਰਮਾਤਮਾ ਦੇ ਦਰ ਤੇ ਸਦਾ ਵਰਤਦਾ ਹੈ ਨਾਨਕ ਉਹ ਨਿਯਮ (ਤੁਹਾਨੂੰ) ਖੋਲ੍ਹ ਕੇ ਸੁਣਾਂਦਾ ਹੈ (ਕਿ ਭਗਤ) ਜਨਾਂ ਦਾ ਨਿੰਦਕ ਤਾਂ ਨਿੰਦਾ ਦੀ ਅੱਗ ਵਿਚ ਸੜਦਾ ਰਹਿੰਦਾ ਹੈ, (ਪਰ) ਭਗਤ ਜਨਾਂ ਨੂੰ (ਭਗਤੀ ਦਾ ਸਦਕਾ) ਸਦਾ ਆਨੰਦ ਪ੍ਰਾਪਤ ਰਹਿੰਦਾ ਹੈ । ਪਰਮਾਤਮਾ ਦਾ ਭਗਤ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾ ਗਾ ਕੇ ਖ਼ੁਸ਼ ਰਹਿੰਦਾ ਹੈ ।੨।੧੦।

ਆਸਾ ਮਹਲਾ ੫ ॥ ਜਉ ਮੈ ਕੀਓ ਸਗਲ ਸੀਗਾਰਾ ॥ ਤਉ ਭੀ ਮੇਰਾ ਮਨੁ ਨ ਪਤੀਆਰਾ ॥ ਅਨਿਕ ਸੁਗੰਧਤ ਤਨ ਮਹਿ ਲਾਵਉ ॥ ਓਹੁ ਸੁਖੁ ਤਿਲੁ ਸਮਾਨਿ ਨਹੀ ਪਾਵਉ ॥ ਮਨ ਮਹਿ ਚਿਤਵਉ ਐਸੀ ਆਸਾਈ ॥ ਪ੍ਰਿਅ ਦੇਖਤ ਜੀਵਉ ਮੇਰੀ ਮਾਈ ॥੧॥ ਮਾਈ ਕਹਾ ਕਰਉ ਇਹੁ ਮਨੁ ਨ ਧੀਰੈ ॥ ਪ੍ਰਿਅ ਪ੍ਰੀਤਮ ਬੈਰਾਗੁ ਹਿਰੈ ॥੧॥ ਰਹਾਉ ॥ ਬਸਤ੍ਰ ਬਿਭੂਖਨ ਸੁਖ ਬਹੁਤ ਬਿਸੇਖੈ ॥ ਓਇ ਭੀ ਜਾਨਉ ਕਿਤੈ ਨ ਲੇਖੈ ॥ ਪਤਿ ਸੋਭਾ ਅਰੁ ਮਾਨੁ ਮਹਤੁ ॥ ਆਗਿਆਕਾਰੀ ਸਗਲ ਜਗਤੁ ॥ ਗ੍ਰਿਹੁ ਐਸਾ ਹੈ ਸੁੰਦਰ ਲਾਲ ॥ ਪ੍ਰਭ ਭਾਵਾ ਤਾ ਸਦਾ ਨਿਹਾਲ ॥੨॥ ਬਿੰਜਨ ਭੋਜਨ ਅਨਿਕ ਪਰਕਾਰ ॥ ਰੰਗ ਤਮਾਸੇ ਬਹੁਤੁ ਬਿਸਥਾਰ ॥ ਰਾਜ ਮਿਲਖ ਅਰੁ ਬਹੁਤੁ ਫੁਰਮਾਇਸਿ ॥ ਮਨੁ ਨਹੀ ਧ੍ਰਾਪੈ ਤ੍ਰਿਸਨਾ ਨ ਜਾਇਸਿ ॥ ਬਿਨੁ ਮਿਲਬੇ ਇਹੁ ਦਿਨੁ ਨ ਬਿਹਾਵੈ ॥ ਮਿਲੈ ਪ੍ਰਭੂ ਤਾ ਸਭ ਸੁਖ ਪਾਵੈ ॥੩॥ ਖੋਜਤ ਖੋਜਤ ਸੁਨੀ ਇਹ ਸੋਇ ॥ ਸਾਧਸੰਗਤਿ ਬਿਨੁ ਤਰਿਓ ਨ ਕੋਇ ॥ ਜਿਸੁ ਮਸਤਕਿ ਭਾਗੁ ਤਿਨਿ ਸਤਿਗੁਰੁ ਪਾਇਆ ॥ ਪੂਰੀ ਆਸਾ ਮਨੁ ਤ੍ਰਿਪਤਾਇਆ ॥ ਪ੍ਰਭ ਮਿਲਿਆ ਤਾ ਚੂਕੀ ਡੰਝਾ ॥ ਨਾਨਕ ਲਧਾ ਮਨ ਤਨ ਮੰਝਾ ॥੪॥੧੧॥ {ਪੰਨਾ 373}

ਪਦਅਰਥ:- ਜਉ—ਜਦੋਂ, ਜੇ । ਕੀਓ—ਕੀਤਾ । ਪਤੀਆਰਾ—ਪਤੀਜਿਆ, ਸੰਤੁਸ਼ਟ ਹੋਇਆ । ਸੁਗੰਧਤ—ਸੁਗੰਧੀਆਂ, ਖ਼ੁਸ਼ਬੋਆਂ । ਲਾਵਉ—ਮੈਂ ਲਾਉਂਦਾ ਹਾਂ । ਸਮਾਨਿ—ਬਰਾਬਰ । ਆਸਾਈ—ਆਸ । ਚਿਤਵਉ—ਮੈਂ ਚਿਤਵਦੀ ਹਾਂ । ਮਾਈ—ਹੇ ਮਾਂ ।੧।

ਧੀਰੈ—ਧੀਰਜ ਫੜਦਾ । ਬੈਰਾਗੁ—ਪ੍ਰੇਮ । ਹਿਰੈ—ਖਿੱਚ ਪਾ ਰਿਹਾ ਹੈ ।੧।ਰਹਾਉ।

ਬਿਭੂਖਨ—ਗਹਣੇ । ਬਿਸੇਖੈ—ਉਚੇਚੇ । ਓਇ—{ਲਫ਼ਜ਼ 'ਓਹੁ' ਤੋਂ ਬਹੁ-ਵਚਨ} । ਪਤਿ—ਇੱਜ਼ਤ । ਮਹਤੁ—ਵਡਿਆਈ । ਸੁੰਦਰ—ਸੋਹਣਾ । ਲਾਲ—ਕੀਮਤੀ । ਪ੍ਰਭ ਭਾਵਾ—ਪ੍ਰਭ ਭਾਵਾਂ, ਜੇ ਪ੍ਰਭੂ ਨੂੰ ਚੰਗੀ ਲੱਗਾਂ । ਨਿਹਾਲ—ਖ਼ੁਸ਼ ।੨।

ਬਿੰਜਨ—ਸੁਆਦਲੇ ਖਾਣੇ । ਬਿਸਥਾਰ—ਖਿਲਾਰੇ । ਮਿਲਖ—ਜ਼ਮੀਨ । ਫੁਰਮਾਇਸਿ—ਹਕੂਮਤ । ਧ੍ਰਾਪੈ—ਰੱਜਦਾ । ਬਿਹਾਵੈ—ਲੰਘਦਾ ।੩।

ਸੋਇ—ਖ਼ਬਰ । ਮਸਤਕਿ—ਮੱਥੇ ਉਤੇ । ਤਿਨਿ—ਉਸ ਨੇ । ਪ੍ਰਭ ਮਿਲਿਆ—ਪ੍ਰਭੂ ਨੂੰ ਮਿਲਿਆ । ਡੰਝਾ—

ਭੜਕੀ । ਮੰਝਾ—ਵਿਚ ।੪।

ਅਰਥ:– ਹੇ ਮਾਂ! ਮੈਂ ਕੀਹ ਕਰਾਂ? (ਪਿਆਰੇ ਤੋਂ ਬਿਨਾ) ਮੇਰਾ ਮਨ ਖਲੋਂਦਾ ਨਹੀਂ । ਪਿਆਰੇ ਪ੍ਰੀਤਮ ਦਾ ਪ੍ਰੇਮ ਖਿੱਚ ਪਾ ਰਿਹਾ ਹੈ ।੧।ਰਹਾਉ।

ਜੇ ਮੈਂ ਹਰੇਕ ਕਿਸਮ ਦਾ ਸਿੰਗਾਰ ਕੀਤਾ ਤਾਂ ਭੀ ਮੇਰਾ ਮਨ ਸੰਤੁਸ਼ਟ ਨਾਹ ਹੋਇਆ । ਜੇ ਮੈਂ ਆਪਣੇ ਸਰੀਰ ਉਤੇ ਅਨੇਕਾਂ ਸੁਗੰਧੀਆਂ ਵਰਤਦੀ ਹਾਂ ਤਾਂ ਭੀ ਮੈਂ ਤਿਲ ਜਿਤਨਾ ਭੀ ਉਹ ਸੁਖ ਨਹੀਂ ਹਾਸਲ ਕਰ ਸਕਦੀ (ਜੋ ਸੁਖ ਪਿਆਰੇ ਪ੍ਰਭੂ-ਪਤੀ ਦੇ ਦਰਸ਼ਨ ਤੋਂ ਮਿਲਦਾ ਹੈ) । ਹੇ ਮੇਰੀ ਮਾਂ! ਹੁਣ ਮੈਂ ਇਹੋ ਜਿਹੀਆਂ ਆਸਾਂ ਹੀ ਬਣਾਂਦੀ ਰਹਿੰਦੀ ਹਾਂ (ਕਿ ਕਿਵੇਂ ਪ੍ਰਭੂ-ਪਤੀ ਮਿਲੇ), ਪਿਆਰੇ ਪ੍ਰਭੂ-ਪਤੀ ਦਾ ਦਰਸ਼ਨ ਕਰ ਕੇ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੋ ਜਾਂਦਾ ਹੈ ।੧।

(ਸੋਹਣੇ) ਕੱਪੜੇ, ਗਹਣੇ, ਉਚੇਚੇ ਅਨੇਕਾਂ ਸੁਖ—ਮੈਂ ਸਮਝਦੀ ਹਾਂ ਕਿ ਉਹ ਸਾਰੇ ਭੀ (ਪ੍ਰਭੂ-ਪਤੀ ਤੋਂ ਬਿਨਾ) ਕਿਸੇ ਕੰਮ ਨਹੀਂ । ਇੱਜ਼ਤ, ਸੋਭਾ, ਆਦਰ, ਵਡਿਆਈ (ਭੀ ਮਿਲ ਜਾਏ), ਸਾਰਾ ਜਗਤ ਮੇਰੀ ਆਗਿਆ ਵਿਚ ਤੁਰਨ ਲੱਗ ਪਏ, ਬੜਾ ਸੋਹਣਾ ਤੇ ਕੀਮਤੀ ਘਰ (ਰਹਿਣ ਵਾਸਤੇ ਮਿਲਿਆ ਹੋਵੇ, ਤਾਂ ਭੀ) ਤਦੋਂ ਹੀ ਮੈਂ ਸਦਾ ਲਈ ਖ਼ੁਸ਼ ਰਹਿ ਸਕਦੀ ਹਾਂ ਜੇ ਪ੍ਰਭੂ-ਪਤੀ ਨੂੰ ਪਿਆਰੀ ਲੱਗਾਂ ।੨।

(ਹੇ ਮਾਂ!) ਜੇ ਅਨੇਕਾਂ ਕਿਸਮ ਦੇ ਸੁਆਦਲੇ ਖਾਣੇ ਮਿਲ ਜਾਣ, ਜੇ ਬਹੁਤ ਤਰ੍ਹਾਂ ਦੇ ਰੰਗ ਤਮਾਸ਼ੇ (ਵੇਖਣ ਨੂੰ ਹੋਣ), ਜੇ ਰਾਜ ਮਿਲ ਜਾਏ, ਭੁਇੰ ਦੀ ਮਾਲਕੀ ਹੋ ਜਾਏ ਅਤੇ ਬਹੁਤ ਹਕੂਮਤ ਮਿਲ ਜਾਏ, ਤਾਂ ਭੀ ਇਹ ਮਨ ਕਦੇ ਰੱਜਦਾ ਨਹੀਂ, ਇਸ ਦੀ ਤ੍ਰਿਸ਼ਨਾ ਮੁੱਕਦੀ ਨਹੀਂ । (ਇਹ ਸਭ ਕੁਝ ਹੁੰਦਿਆਂ ਭੀ, ਹੇ ਮਾਂ! ਪ੍ਰਭੂ-ਪਤੀ ਨੂੰ) ਮਿਲਣ ਤੋਂ ਬਿਨਾ ਮੇਰਾ ਇਹ ਦਿਨ (ਸੁਖ ਨਾਲ) ਨਹੀਂ ਲੰਘਦਾ । ਜਦੋਂ (ਜੀਵ-ਇਸਤ੍ਰੀ ਨੂੰ) ਪ੍ਰਭੂ-ਪਤੀ ਮਿਲ ਪਏ ਤਾਂ ਉਹ (ਮਾਨੋ) ਸਾਰੇ ਸੁਖ ਹਾਸਲ ਕਰ ਲੈਂਦੀ ਹੈ ।੩।

ਭਾਲ ਕਰਦਿਆਂ ਕਰਦਿਆਂ (ਹੇ ਮਾਂ!) ਮੈਂ ਇਹ ਖ਼ਬਰ ਸੁਣ ਲਈ ਕਿ ਸਾਧ ਸੰਗਤਿ ਤੋਂ ਬਿਨਾ (ਤ੍ਰਿਸ਼ਨਾ ਦੇ ਹੜ੍ਹ ਤੋਂ) ਕੋਈ ਜੀਵ ਕਦੇ ਪਾਰ ਨਹੀਂ ਲੰਘ ਸਕਿਆ ਜਿਸ ਦੇ ਮੱਥੇ ਉਤੇ ਚੰਗਾ ਭਾਗ ਜਾਗਿਆ ਉਸ ਨੇ ਗੁਰੂ ਲੱਭ ਲਿਆ, ਉਸ ਦੀ ਹਰੇਕ ਆਸ ਪੂਰੀ ਹੋ ਗਈ, ਉਸ ਦਾ ਮਨ ਰੱਜ ਗਿਆ ।

ਹੇ ਨਾਨਕ! ਜਦੋਂ ਜੀਵ (ਗੁਰੂ ਦੀ ਸਰਨ ਪੈ ਕੇ) ਪ੍ਰਭੂ ਨੂੰ ਮਿਲ ਪਿਆ ਉਸ ਦੀ (ਅੰਦਰਲੀ ਤ੍ਰਿਸ਼ਨਾ ਦੀ) ਭੜਕੀ ਮੁੱਕ ਗਈ, ਉਸ ਨੇ ਆਪਣੇ ਮਨ ਵਿਚ ਆਪਣੇ ਹਿਰਦੇ ਵਿਚ (ਵੱਸਦਾ) ਪ੍ਰਭੂ ਲੱਭ ਲਿਆ ।੪।੧੧।

ਆਸਾ ਮਹਲਾ ੫ ਪੰਚਪਦੇ॰ ॥ ਪ੍ਰਥਮੇ ਤੇਰੀ ਨੀਕੀ ਜਾਤਿ ॥ ਦੁਤੀਆ ਤੇਰੀ ਮਨੀਐ ਪਾਂਤਿ ॥ ਤ੍ਰਿਤੀਆ ਤੇਰਾ ਸੁੰਦਰ ਥਾਨੁ ॥ ਬਿਗੜ ਰੂਪੁ ਮਨ ਮਹਿ ਅਭਿਮਾਨੁ ॥੧॥ ਸੋਹਨੀ ਸਰੂਪਿ ਸੁਜਾਣਿ ਬਿਚਖਨਿ ॥ ਅਤਿ ਗਰਬੈ ਮੋਹਿ ਫਾਕੀ ਤੂੰ ॥੧॥ ਰਹਾਉ ॥ ਅਤਿ ਸੂਚੀ ਤੇਰੀ ਪਾਕਸਾਲ ॥ ਕਰਿ ਇਸਨਾਨੁ ਪੂਜਾ ਤਿਲਕੁ ਲਾਲ ॥ ਗਲੀ ਗਰਬਹਿ ਮੁਖਿ ਗੋਵਹਿ ਗਿਆਨ ॥ ਸਭ ਬਿਧਿ ਖੋਈ ਲੋਭਿ ਸੁਆਨ ॥੨॥ ਕਾਪਰ ਪਹਿਰਹਿ ਭੋਗਹਿ ਭੋਗ ॥ ਆਚਾਰ ਕਰਹਿ ਸੋਭਾ ਮਹਿ ਲੋਗ ॥ ਚੋਆ ਚੰਦਨ ਸੁਗੰਧ ਬਿਸਥਾਰ ॥ ਸੰਗੀ ਖੋਟਾ ਕ੍ਰੋਧੁ ਚੰਡਾਲ ॥੩॥ ਅਵਰ ਜੋਨਿ ਤੇਰੀ ਪਨਿਹਾਰੀ ॥ ਇਸੁ ਧਰਤੀ ਮਹਿ ਤੇਰੀ ਸਿਕਦਾਰੀ ॥ ਸੁਇਨਾ ਰੂਪਾ ਤੁਝ ਪਹਿ ਦਾਮ ॥ ਸੀਲੁ ਬਿਗਾਰਿਓ ਤੇਰਾ ਕਾਮ ॥੪॥ ਜਾ ਕਉ ਦ੍ਰਿਸਟਿ ਮਇਆ ਹਰਿ ਰਾਇ ॥ ਸਾ ਬੰਦੀ ਤੇ ਲਈ ਛਡਾਇ ॥ ਸਾਧਸੰਗਿ ਮਿਲਿ ਹਰਿ ਰਸੁ

ਪਾਇਆ ॥ ਕਹੁ ਨਾਨਕ ਸਫਲ ਓਹ ਕਾਇਆ ॥੫॥ ਸਭਿ ਰੂਪ ਸਭਿ ਸੁਖ ਬਨੇ ਸੁਹਾਗਨਿ ॥ ਅਤਿ ਸੁੰਦਰਿ ਬਿਚਖਨਿ ਤੂੰ ॥੧॥ ਰਹਾਉ ਦੂਜਾ ॥੧੨॥ {ਪੰਨਾ 374}

ਪਦਅਰਥ:- ਪ੍ਰਥਮੇ—ਪਹਿਲਾਂ ਤਾਂ (ਵੇਖ) । ਨੀਕੀ—ਚੰਗੀ, ਸੋਹਣੀ । ਮਨੀਐ—ਮੰਨ ਜਾਂਦੀ ਹੈ । ਪਾਂਤਿ—ਖ਼ਾਨਦਾਨੀ । ਬਿਗੜ—ਵਿਗੜਿਆ ਹੋਇਆ, ਕੋਝਾ ।੧।

ਸਰੂਪਿ—ਸੋਹਣੇ ਰੂਪ ਵਾਲੀ । ਸੁਜਾਣਿ—ਸਿਆਣੀ । ਬਿਚਖਨਿ—ਚਤੁਰ । ਅਤਿ—ਬਹੁਤ । ਗਰਬੈ—ਹੰਕਾਰ ਵਿਚ । ਮੋਹਿ—ਮੋਹ ਵਿਚ । ਫਾਕੀ—ਫਸੀ ਹੋਈ ।੧।ਰਹਾਉ।

ਸੂਚੀ—ਸੁੱਚੀ, ਪਵਿਤ੍ਰ । ਪਾਕਸਾਲ—ਰਸੋਈ । ਕਰਿ—ਕਰ ਕੇ । ਗਲੀ—ਗਲੀਂ, ਗੱਲਾਂ ਨਾਲ । ਗਰਬਹਿ—ਤੂੰ ਅਹੰਕਾਰ ਕਰਦੀ ਹੈਂ । ਮੁਖਿ—ਮੂੰਹ ਨਾਲ । ਗੋਵਹਿ—ਉਚਾਰਦੀ ਹੈਂ । ਖੋਈ—ਗਵਾ ਦਿੱਤੀ । ਲੋਭਿ—ਲੋਭ ਨੇ । ਸੁਆਨ—ਕੁੱਤਾ ।੨।

ਪਹਿਰਹਿ—ਤੂੰ ਪਹਿਨਦੀ ਹੈਂ । ਆਚਾਰ—(ਮਿਥੇ ਹੋਏ ਧਾਰਮਿਕ) ਕਰਮ । ਚੋਆ—ਅਤਰ । ਖੋਟਾ—ਭੈੜਾ, ਖੋਟ ਕਰਨ ਵਾਲਾ ।੩।

ਪਨਿਹਾਰੀ—ਪਾਣੀ ਭਰਨ ਵਾਲੀ, ਸੇਵਕ । ਸਿਕਦਾਰੀ—ਸਰਦਾਰੀ । ਰੂਪਾ—ਚਾਂਦੀ । ਤੁਝ ਪਹਿ—ਤੇਰੇ ਪਾਸ । ਦਾਮ—ਧਨ । ਸੀਲੁ—ਸੁਭਾਓ । ਕਾਮ—ਕਾਮ ਵਾਸਨਾ ਨੇ ।੪।

ਜਾ ਕਉ—ਜਿਸ ਉਤੇ । ਮਇਆ—ਦਇਆ । ਹਰਿ ਰਾਇ—ਪ੍ਰਭੂ-ਪਾਤਿਸ਼ਾਹ । ਬੰਦੀ—ਗ਼ੁਲਾਮੀ, ਕੈਦ । ਕਾਇਆ—ਸਰੀਰ ।੫।

ਸਭਿ—ਸਾਰੇ । ਬਨੇ—ਫੱਬੇ । ਸੁਹਾਗਨਿ—ਸੁਹਾਗ ਵਾਲੀ, ਪਤੀ ਵਾਲੀ । ਰਹਾਉ ਦੂਜਾ ।

ਅਰਥ:- (ਹੇ ਜੀਵ-ਇਸਤ੍ਰੀ!) ਤੂੰ (ਵੇਖਣ ਨੂੰ) ਸੋਹਣੀ ਹੈਂ, ਰੂਪ ਵਾਲੀ ਹੈਂ, ਸਿਆਣੀ ਹੈਂ, ਚਤੁਰ ਹੈਂ । ਪਰ ਤੂੰ ਬੜੇ ਅਹੰਕਾਰ ਅਤੇ ਮੋਹ ਵਿਚ ਫਸੀ ਪਈ ਹੈਂ ।੧।ਰਹਾਉ।

(ਹੇ ਜੀਵ-ਇਸਤ੍ਰੀ! ਵੇਖ) ਪਹਿਲਾਂ ਤਾਂ ਤੇਰੀ (ਮਨੁੱਖਾ ਜਨਮ ਵਾਲੀ) ਚੰਗੀ ਜਾਤਿ ਹੈ; ਦੂਜੇ, ਤੇਰੀ ਖ਼ਾਨਦਾਨੀ ਭੀ ਮੰਨੀ ਜਾਂਦੀ ਹੈ; ਤੀਜੇ, ਤੇਰਾ ਸੋਹਣਾ ਸਰੀਰ ਹੈ, ਪਰ ਤੇਰਾ ਰੂਪ ਕੋਝਾ ਹੀ ਰਿਹਾ (ਕਿਉਂਕਿ) ਤੇਰੇ ਮਨ ਵਿਚ ਅਹੰਕਾਰ ਹੈ ।੧।

(ਹੇ ਜੀਵ-ਇਸਤ੍ਰੀ!) ਤੇਰੀ ਬੜੀ ਸੁੱਚੀ (ਸੁਥਰੀ) ਰਸੋਈ ਹੈ (ਜਿਸ ਵਿਚ ਤੂੰ ਆਪਣਾ ਭੋਜਨ ਤਿਆਰ ਕਰਦੀ ਹੈਂ । ਬਾਕੀ ਪਸ਼ੂ ਪੰਛੀ ਤਾਂ ਵਿਚਾਰੇ ਗੰਦੇ ਮੰਦੇ ਥਾਵਾਂ ਤੋਂ ਹੀ ਢਿੱਡ ਭਰ ਲੈਂਦੇ ਹਨ) । ਤੂੰ ਇਸ਼ਨਾਨ ਕਰ ਕੇ ਪੂਜਾ ਭੀ ਕਰ ਸਕਦੀ ਹੈਂ ਮੱਥੇ ਉਤੇ ਲਾਲ ਤਿਲਕ ਲਾ ਲੈਂਦੀ ਹੈਂ । ਤੂੰ ਗੱਲਾਂ ਨਾਲ ਆਪਣਾ ਆਪ ਭੀ ਜਤਾ ਲੈਂਦੀ ਹੈਂ (ਪਸ਼ੂਆਂ ਪੰਛੀਆਂ ਨੂੰ ਤਾਂ ਇਹ ਦਾਤਿ ਨਹੀਂ ਮਿਲੀ) ਮੂੰਹ ਨਾਲ ਗਿਆਨ ਦੀਆਂ ਗੱਲਾਂ ਭੀ ਕਰ ਸਕਦੀ ਹੈਂ । ਪਰ ਕੁੱਤੇ ਲੋਭ ਨੇ ਤੇਰੀ ਇਹ ਹਰੇਕ ਕਿਸਮ ਦੀ ਵਡਿਆਈ ਗਵਾ ਦਿੱਤੀ ਹੈ ।੨।

(ਹੇ ਜੀਵ-ਇਸਤ੍ਰੀ!) ਤੂੰ (ਸੋਹਣੇ) ਕੱਪੜੇ ਪਹਿਨਦੀ ਹੈਂ (ਦੁਨੀਆ ਦੇ ਸਾਰੇ) ਭੋਗ ਭੋਗਦੀ ਹੈਂ, ਜਗਤ ਵਿਚ ਸੋਭਾ ਖੱਟਣ ਲਈ ਤੂੰ ਅਤਰ ਚੰਦਨ ਤੇ ਹੋਰ ਅਨੇਕਾਂ ਸੁਗੰਧੀਆਂ ਵਰਤਦੀ ਹੈਂ । ਪਰ ਚੰਡਾਲ ਕ੍ਰੋਧ ਤੇਰਾ ਭੈੜਾ ਸਾਥੀ ਹੈ ।੩।

(ਹੇ ਜੀਵ-ਇਸਤ੍ਰੀ!) ਹੋਰ ਸਾਰੀਆਂ ਜੂਨਾਂ ਤੇਰੀਆਂ ਸੇਵਕ ਹਨ, ਇਸ ਧਰਤੀ ਉਤੇ ਤੇਰੀ ਹੀ ਸਰਦਾਰੀ ਹੈ ਤੇਰੇ ਪਾਸ ਸੋਨਾ ਹੈ ਚਾਂਦੀ ਹੈ ਧਨ-ਪਦਾਰਥ ਹੈ (ਹੋਰ ਜੂਨਾਂ ਪਾਸ ਇਹ ਚੀਜ਼ਾਂ ਨਹੀਂ ਹਨ) ਪਰ ਕਾਮ-ਵਾਸਨਾ ਨੇ

ਤੇਰਾ ਸੁਭਾਉ (ਜੋ ਸਭ ਤੋਂ ਉੱਚੀ ਸ਼੍ਰੇਣੀ ਵਾਲਿਆਂ ਨੂੰ ਫਬਦਾ ਹੈ) ਵਿਗਾੜ ਦਿੱਤਾ ਹੋਇਆ ਹੈ ।੪।

ਹੇ ਨਾਨਕ! ਜਿਸ ਜੀਵ-ਇਸਤ੍ਰੀ ਉਤੇ ਪ੍ਰਭੂ-ਪਾਤਿਸ਼ਾਹ ਦੀ ਮੇਹਰ ਦੀ ਨਜ਼ਰ ਪੈਂਦੀ ਹੈ, ਉਸ ਨੂੰ ਉਹ (ਲੋਭ ਕ੍ਰੋਧ ਕਾਮ ਆਦਿਕ ਦੀ) ਕੈਦ ਤੋਂ ਛਡਾ ਲੈਂਦਾ ਹੈ । ਜਿਸ ਸਰੀਰ ਨੇ (ਜੀਵ ਨੇ ਮਨੁੱਖਾ ਸਰੀਰ ਪ੍ਰਾਪਤ ਕਰ ਕੇ) ਸਾਧ ਸੰਗਤਿ ਵਿਚ ਮਿਲ ਕੇ ਪਰਮਾਤਮਾ ਦੇ ਨਾਮ ਦਾ ਸਵਾਦ ਮਾਣਿਆ, ਉਹ ਸਰੀਰ ਹੀ ਕਾਮਯਾਬ ਹੈ ।੫।

(ਹੇ ਜੀਵ-ਇਸਤ੍ਰੀ!) ਜੇ ਤੂੰ ਪ੍ਰਭੂ-ਪਤੀ ਵਾਲੀ ਬਣ ਜਾਏਂ ਤਾਂ ਸਾਰੇ ਸੋਹਜ ਤੇ ਸਾਰੇ ਸੁਖ (ਜੋ ਤੈਨੂੰ ਮਿਲੇ ਹੋਏ ਹਨ) ਤੈਨੂੰ ਫਬ ਜਾਣ; ਤੂੰ (ਸਚ-ਮੁਚ) ਬੜੀ ਸੋਹਣੀ ਤੇ ਬੜੀ ਸਿਆਣੀ ਬਣ ਜਾਏਂ ।੧। ਰਹਾਉ ਦੂਜਾ ।੧੨।

ਆਸਾ ਮਹਲਾ ੫ ਇਕਤੁਕੇ ੨ ॥ ਜੀਵਤ ਦੀਸੈ ਤਿਸੁ ਸਰਪਰ ਮਰਣਾ ॥ ਮੁਆ ਹੋਵੈ ਤਿਸੁ ਨਿਹਚਲੁ ਰਹਣਾ ॥੧॥ ਜੀਵਤ ਮੁਏ ਮੁਏ ਸੇ ਜੀਵੇ ॥ ਹਰਿ ਹਰਿ ਨਾਮੁ ਅਵਖਧੁ ਮੁਖਿ ਪਾਇਆ ਗੁਰ ਸਬਦੀ ਰਸੁ ਅੰਮ੍ਰਿਤੁ ਪੀਵੇ ॥੧॥ ਰਹਾਉ ॥ ਕਾਚੀ ਮਟੁਕੀ ਬਿਨਸਿ ਬਿਨਾਸਾ ॥ ਜਿਸੁ ਛੂਟੈ ਤ੍ਰਿਕੁਟੀ ਤਿਸੁ ਨਿਜ ਘਰਿ ਵਾਸਾ ॥੨॥ ਊਚਾ ਚੜੈ ਸੁ ਪਵੈ ਪਇਆਲਾ ॥ ਧਰਨਿ ਪੜੈ ਤਿਸੁ ਲਗੈ ਨ ਕਾਲਾ ॥੩॥ ਭ੍ਰਮਤ ਫਿਰੇ ਤਿਨ ਕਿਛੂ ਨ ਪਾਇਆ ॥ ਸੇ ਅਸਥਿਰ ਜਿਨ ਗੁਰ ਸਬਦੁ ਕਮਾਇਆ ॥੪॥ ਜੀਉ ਪਿੰਡੁ ਸਭੁ ਹਰਿ ਕਾ ਮਾਲੁ ॥ ਨਾਨਕ ਗੁਰ ਮਿਲਿ ਭਏ ਨਿਹਾਲ ॥੫॥੧੩॥ {ਪੰਨਾ 374}

ਨੋਟ:- ਇਕ ਤੁਕੇ ੨—ਦੋ ਸ਼ਬਦ ਜਿਨ੍ਹਾਂ ਦੇ ਹਰੇਕ ਬੰਦ ਵਿਚ ਸਿਰਫ਼ ਇਕ ਇਕ ਤੁਕ ਹੈ ।

ਪਦਅਰਥ:- ਜੀਵਤ—ਜੀਊਂਦਾ, ਰੱਜਿਆ-ਪੁੱਜਿਆ, ਮਾਇਆ ਦੇ ਮਦ ਵਿਚ ਮਸਤ । ਦੀਸੈ—ਦਿੱਸਦਾ ਹੈ । ਸਰਪਰ—ਜ਼ਰੂਰ । ਮਰਣਾ—ਆਤਮਕ ਮੌਤ । ਮੁਆ—(ਮਾਇਆ ਦੇ ਮਾਣ ਵਲੋਂ) ਅਛੋਹ । ਨਿਹਚਲੁ ਰਹਣਾ—ਅਟੱਲ ਆਤਮਕ ਜੀਵਨ ।੧।

ਅਵਖਧੁ—ਦਵਾਈ । ਮੁਖਿ—ਮੂੰਹ ਵਿਚ । ਰਸੁ ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਰਸ ।੧।ਰਹਾਉ।

ਮਟੁ—ਵੱਡਾ ਘੜਾ । ਮਟੁਕੀ—ਘੜੀ, ਛੋਟਾ ਘੜਾ । ਬਿਨਸਿ ਬਿਨਾਸਾ—ਜ਼ਰੂਰ ਨਾਸ ਹੋਣ ਵਾਲਾ । ਛੂਟੈ—ਮੁੱਕ ਜਾਏ । ਤ੍ਰਿਕੁਟੀ—{ਤ੍ਰਿ—ਤਿੰਨ । ਕੁਟੀ—ਵਿੰਗੀ ਲਕੀਰ} ਤਿੰਨ ਵਿੰਗੀਆਂ ਲਕੀਰਾਂ, ਤ੍ਰਿਊੜੀ । {ਨੋਟ:- ਲਫ਼ਜ਼ 'ਨਿਕਟਿ' ਤੋਂ ਪ੍ਰਾਕ੍ਰਿਤ ਲਫ਼ਜ਼ 'ਨਿਅੜਿ' ਤੇ ਪੰਜਾਬੀ ਲਫ਼ਜ਼ 'ਨੇੜੇ' ਹੈ । ਲਫ਼ਜ਼ 'ਕਟਕ' ਤੋਂ ਪੰਜਾਬੀ ਲਫ਼ਜ਼ 'ਕੜਾ' ਹੈ । 'ਕ' ਤੋਂ 'ਅ', ਅਤੇ 'ਕੁ' ਤੋਂ 'ਉ' ਬਣ ਗਿਆ ਹੈ । 'ਟ' ਤੋਂ 'ੜ' ਹੋ ਗਿਆ ਹੈ । ਇਸੇ ਤਰ੍ਹਾਂ 'ਤ੍ਰਿਕੁਟੀ' ਦਾ ਪੰਜਾਬੀ ਰੂਪ 'ਤ੍ਰਿਊੜੀ' ਹੈ । ਜਿਸ ਦੇ ਮੱਥੇ ਉਤੇ 'ਤ੍ਰਿਊੜੀ' ਹੈ ਉਸ ਦੇ ਅੰਦਰ 'ਖਿੱਝ' ਹੁੰਦੀ ਹੈ । ਸੋ, 'ਤ੍ਰਿਕੁਟੀ' ਦਾ ਅਰਥ ਹੈ 'ਅੰਦਰਲੀ ਖਿੱਝ'} । ਨਿਜ ਘਰਿ—ਆਪਣੇ ਅਸਲ ਘਰ ਵਿਚ, ਪ੍ਰਭੂ-ਚਰਨਾਂ ਵਿਚ ।੨।

ਪਇਆਲਾ—ਪਤਾਲ ਵਿਚ, ਆਤਮਕ ਮੌਤ ਦੇ ਟੋਏ ਵਿਚ । ਧਰਨਿ—ਧਰਤੀ । ਧਰਨਿ ਪੜੈ—ਜੋ ਨਿਮ੍ਰਤਾ ਧਾਰਦਾ ਹੈ । ਕਾਲਾ—ਕਾਲ, ਮੌਤ, ਆਤਮਕ ਮੌਤ ।੩।

ਕਿਛੁ ਨ—(ਆਤਮਕ ਜੀਵਨ ਦਾ) ਕੁਝ ਭੀ ਨ । ਅਸਥਿਰ—ਅਡੋਲ-ਚਿੱਤ ।੪।

ਜੀਉ—ਜਿੰਦ । ਪਿੰਡੁ—ਸਰੀਰ । ਗੁਰ ਮਿਲਿ—ਗੁਰੂ ਨੂੰ ਮਿਲ ਕੇ ।੫।

ਅਰਥ:- (ਹੇ ਭਾਈ!) ਜੇਹੜੇ ਮਨੁੱਖ ਮਾਇਆ ਦੇ ਮਨ ਵਿਚ ਮਸਤ ਰਹਿੰਦੇ ਹਨ ਉਹ ਆਤਮਕ ਮੌਤੇ ਮਰੇ

ਰਹਿੰਦੇ ਹਨ । ਪਰ, ਜੇਹੜੇ ਮਨੁੱਖ ਮਾਇਆ ਦੇ ਮਾਣ ਵਲੋਂ ਅਛੋਹ ਹਨ ਉਹ ਆਤਮਕ ਜੀਵਨ ਵਾਲੇ ਹਨ । ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ-ਦਾਰੂ ਆਪਣੇ ਮੂੰਹ ਵਿਚ ਰੱਖਿਆ (ਆਤਮਕ ਮੌਤ ਵਾਲਾ ਰੋਗ ਉਹਨਾਂ ਦੇ ਅੰਦਰੋਂ ਦੂਰ ਹੋ ਗਿਆ) ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹਨਾਂ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੀਤਾ ।੧।ਰਹਾਉ।

(ਹੇ ਭਾਈ!) ਜੇਹੜਾ ਮਨੁੱਖ (ਮਾਇਆ ਦੇ ਮਾਣ ਦੇ ਆਸਰੇ) ਜੀਊਂਦਾ ਦਿੱਸਦਾ ਹੈ ਉਸ ਨੂੰ ਜ਼ਰੂਰ ਆਤਮਕ ਮੌਤ ਹੜੱਪ ਕਰੀ ਰੱਖਦੀ ਹੈ; ਪਰ ਜੇਹੜਾ ਮਨੁੱਖ (ਮਾਇਆ ਦੇ ਮਾਣ ਵਲੋਂ) ਅਛੋਹ ਹੈ ਉਸ ਨੂੰ ਅਟੱਲ ਆਤਮਕ ਜੀਵਨ ਮਿਲਿਆ ਰਹਿੰਦਾ ਹੈ ।੧।

(ਹੇ ਭਾਈ! ਜਿਵੇਂ) ਕੱਚਾ ਘੜਾ ਜ਼ਰੂਰ ਨਾਸ ਹੋਣ ਵਾਲਾ ਹੈ (ਤਿਵੇਂ ਮਾਇਆ ਨਾਲੋਂ ਭੀ ਸਾਥ ਆਖ਼ਰ ਜ਼ਰੂਰ ਟੁੱਟਦਾ ਹੈ । ਮਾਇਆ ਦੇ ਮਾਣ ਤੇ ਦੂਜਿਆਂ ਨਾਲ ਖਿੱਝਣਾ ਮੂਰਖਤਾ ਹੈ) ਜਿਸ ਮਨੁੱਖ ਦੇ ਅੰਦਰੋਂ (ਮਾਇਆ ਦੇ ਮਾਣ ਦੇ ਕਾਰਨ ਪੈਦਾ ਹੋਈ) ਖਿੱਝ ਮੁੱਕੀ ਰਹਿੰਦੀ ਹੈ, ਉਸ ਦਾ ਨਿਵਾਸ (ਸਦਾ) ਪ੍ਰਭੂ-ਚਰਨਾਂ ਵਿਚ ਰਹਿੰਦਾ ਹੈ ।੨।

(ਹੇ ਭਾਈ! ਮਾਇਆ ਦੇ ਵਿਚ) ਜੇਹੜਾ ਮਨੁੱਖ ਸਿਰ ਉੱਚਾ ਕਰੀ ਰੱਖਦਾ ਹੈ (ਆਕੜਿਆ ਫਿਰਦਾ ਹੈ) ਉਹ ਆਤਮਕ ਮੌਤ ਦੇ ਟੋਏ ਵਿਚ ਪਿਆ ਰਹਿੰਦਾ ਹੈ । ਪਰ, ਜੇਹੜਾ ਮਨੁੱਖ ਸਦਾ ਨਿਮ੍ਰਤਾ ਧਾਰਦਾ ਹੈ ਉਸ ਨੂੰ ਆਤਮਕ ਮੌਤ ਪੋਹ ਨਹੀਂ ਸਕਦੀ ।੩।

(ਹੇ ਭਾਈ!) ਜੇਹੜੇ ਮਨੁੱਖ (ਮਾਇਆ ਦੀ ਖ਼ਾਤਰ ਹੀ ਸਦਾ) ਭਟਕਦੇ ਫਿਰਦੇ ਹਨ (ਆਤਮਕ ਜੀਵਨ ਦੀ ਦਾਤਿ ਵਿਚੋਂ) ਉਹਨਾਂ ਨੂੰ ਕੁਝ ਭੀ ਨਹੀਂ ਮਿਲਦਾ । ਪਰ, ਜਿਨ੍ਹਾਂ ਨੇ ਗੁਰੂ ਦੇ ਸ਼ਬਦ ਨੂੰ (ਆਪਣੇ ਜੀਵਨ ਵਿਚ) ਵਰਤਿਆ ਹੈ ਉਹ (ਮਾਇਆ ਦੇ ਮੋਹ ਵਲੋਂ) ਅਡੋਲ-ਚਿੱਤ ਰਹਿੰਦੇ ਹਨ ।੪।

ਹੇ ਨਾਨਕ! ਜਿਨ੍ਹਾਂ ਮਨੁੱਖਾਂ ਨੇ ਇਹ ਜਿੰਦ ਤੇ ਸਰੀਰ ਸਭ ਕੁਝ ਪਰਮਾਤਮਾ ਦੀ ਦਿੱਤੀ ਦਾਤਿ ਸਮਝਿਆ ਹੈ ਉਹ ਗੁਰੂ ਨੂੰ ਮਿਲ ਕੇ ਸਦਾ ਖਿੜੇ-ਮੱਥੇ ਰਹਿੰਦੇ ਹਨ (ਉਹਨਾਂ ਦੀ ਤ੍ਰਿਕੁਟੀ ਮੁੱਕ ਜਾਂਦੀ ਹੈ) ।੫।੧੩।

ਆਸਾ ਮਹਲਾ ੫ ॥ ਪੁਤਰੀ ਤੇਰੀ ਬਿਧਿ ਕਰਿ ਥਾਟੀ ॥ ਜਾਨੁ ਸਤਿ ਕਰਿ ਹੋਇਗੀ ਮਾਟੀ ॥੧॥ ਮੂਲੁ ਸਮਾਲਹੁ ਅਚੇਤ ਗਵਾਰਾ ॥ ਇਤਨੇ ਕਉ ਤੁਮ੍ ਕਿਆ ਗਰਬੇ ॥੧॥ ਰਹਾਉ ॥ ਤੀਨਿ ਸੇਰ ਕਾ ਦਿਹਾੜੀ ਮਿਹਮਾਨੁ ॥ ਅਵਰ ਵਸਤੁ ਤੁਝ ਪਾਹਿ ਅਮਾਨ ॥੨॥ ਬਿਸਟਾ ਅਸਤ ਰਕਤੁ ਪਰੇਟੇ ਚਾਮ ॥ ਇਸੁ ਊਪਰਿ ਲੇ ਰਾਖਿਓ ਗੁਮਾਨ ॥੩॥ ਏਕ ਵਸਤੁ ਬੂਝਹਿ ਤਾ ਹੋਵਹਿ ਪਾਕ ॥ ਬਿਨੁ ਬੂਝੇ ਤੂੰ ਸਦਾ ਨਾਪਾਕ ॥੪॥ ਕਹੁ ਨਾਨਕ ਗੁਰ ਕਉ ਕੁਰਬਾਨੁ ॥ ਜਿਸ ਤੇ ਪਾਈਐ ਹਰਿ ਪੁਰਖੁ ਸੁਜਾਨੁ ॥੫॥੧੪॥ {ਪੰਨਾ 374}

ਪਦਅਰਥ:- ਪੁਤਰੀ—ਪੁਤਲੀ, ਸਰੀਰ । ਬਿਧਿ ਕਰਿ—ਤਰੀਕੇ ਨਾਲ, ਸਿਆਣਪ ਨਾਲ । ਥਾਟੀ—ਬਣਾਈ । ਸਤਿ ਕਰਿ—ਸੱਚ ਕਰ ਕੇ ।੧।

ਮੂਲੁ—ਮੁੱਢ, ਜਿਸ ਤੋਂ ਪੈਦਾਇਸ਼ ਹੋਈ ਹੈ । ਅਚੇਤ—ਹੇ ਗ਼ਾਫ਼ਿਲ! ਗਵਾਰਾ—ਹੇ ਮੂਰਖ! ਇਤਨੇ ਕਉ—ਇਸ ਥੋੜੇ ਜਿਹੇ ਵਾਸਤੇ । ਕਿਆ ਗਰਬੇ—ਕੀਹ ਮਾਣ ਕਰਦਾ ਹੈਂ?।੧।ਰਹਾਉ।

ਮਿਹਮਾਨੁ—ਪਰਾਹੁਣਾ । ਅਵਰ—ਹੋਰ, ਬਾਕੀ ਦੀ । ਪਾਹਿ—ਪਾਸ । ਅਮਾਨ—ਅਮਾਨਤ ।੨।

ਬਿਸਟਾ—ਵਿਸ਼ਟਾ, ਗੰਦ । ਅਸਤ—ਹੱਡੀਆਂ {AiôQ} । ਰਕਤੁ—ਰੱਤ, ਲਹੂ । ਪਰੇਟੇ—ਲਪੇਟੇ ਹੋਏ । ਗੁਮਾਨ—ਅਹੰਕਾਰ ।੩।

ਪਾਕ—ਪਵਿੱਤ੍ਰ । ਨਾਪਾਕ—ਗੰਦਾ, ਅਪਵਿੱਤ੍ਰ ।੪।

ਕਉ—ਨੂੰ, ਤੋਂ । ਜਿਸ ਤੇ—ਜਿਸ ਗੁਰੂ ਪਾਸੋਂ, ਜਿਸ ਦੀ ਰਾਹੀਂ । ਪੁਰਖੁ—ਸਰਬ-ਵਿਆਪਕ ।੫।

ਅਰਥ:- ਹੇ ਗ਼ਾਫ਼ਿਲ ਜੀਵ! ਹੇ ਮੂਰਖ ਜੀਵ! (ਜਿਸ ਤੋਂ ਤੂੰ ਪੈਦਾ ਹੋਇਆ ਹੈਂ ਉਸ) ਮੁੱਢ (-ਪ੍ਰਭੂ) ਨੂੰ (ਹਿਰਦੇ ਵਿਚ ਸਦਾ) ਸਾਂਭ ਕੇ ਰੱਖ । ਇਸ ਹੋਛੀ ਪਾਂਇਆਂ ਵਾਲੇ ਸਰੀਰ ਦੀ ਖ਼ਾਤਰ ਕੀਹ ਮਾਣ ਕਰਦਾ ਹੈਂ? ।੧।ਰਹਾਉ।

(ਇਹ ਠੀਕ ਹੈ ਕਿ ਪਰਮਾਤਮਾ ਨੇ) ਤੇਰਾ ਇਹ ਸਰੀਰ ਬੜੀ ਸਿਆਣਪ ਨਾਲ ਬਣਾਇਆ ਹੈ, (ਪਰ ਇਹ ਭੀ) ਸੱਚ ਕਰ ਕੇ ਸਮਝ ਕਿ (ਇਸ ਸਰੀਰ ਨੇ ਆਖ਼ਿਰ) ਮਿੱਟੀ ਹੋ ਜਾਣਾ ਹੈ ।੧।

(ਤੂੰ ਜਗਤ ਵਿਚ ਇਕ) ਪਰਾਹੁਣਾ ਹੈਂ ਜਿਸ ਨੂੰ ਰੋਜ਼ ਦਾ ਤਿੰਨ ਸੇਰ (ਕੱਚੇ ਆਟਾ ਆਦਿਕ) ਮਿਲਦਾ ਹੈ । ਹੋਰ ਸਾਰੀ ਚੀਜ਼ ਤੇਰੇ ਪਾਸ ਅਮਾਨਤ (ਵਾਂਗ ਹੀ ਪਈ) ਹੈ ।੨।

(ਤੇਰੇ ਅੰਦਰ ਦੇ) ਵਿਸ਼ਟਾ ਹੱਡੀਆਂ ਤੇ ਲਹੂ (ਆਦਿਕ ਬਾਹਰਲੇ) ਚੰਮ ਨਾਲ ਲਪੇਟੇ ਹੋਏ ਹਨ ਪਰ ਤੂੰ ਇਸੇ ਉਤੇ ਹੀ ਮਾਣ ਕਰੀ ਜਾ ਰਿਹਾ ਹੈਂ ।੩।

ਜੇ ਤੂੰ ਇਕ ਪ੍ਰਭੂ ਦੇ ਨਾਮ-ਪਦਾਰਥ ਨਾਲ ਸਾਂਝ ਪਾ ਲਏਂ ਤਾਂ ਤੂੰ ਪਵਿਤ੍ਰ ਜੀਵਨ ਵਾਲਾ ਹੋ ਜਾਏਂ । ਪ੍ਰਭੂ ਦੇ ਨਾਮ ਨਾਲ ਸਾਂਝ ਪਾਣ ਤੋਂ ਬਿਨਾ ਤੂੰ ਸਦਾ ਹੀ ਅਪਵਿਤ੍ਰ ਹੈਂ ।੪।

ਹੇ ਨਾਨਕ! ਆਖ—(ਹੇ ਮੂਰਖ ਜੀਵ!) ਉਸ ਗੁਰੂ ਤੋਂ ਸਦਕੇ ਹੋ ਜਿਸ ਦੀ ਰਾਹੀਂ ਸਭ ਦੇ ਦਿਲ ਦੀ ਜਾਣਨ ਵਾਲਾ ਸਰਬ-ਵਿਆਪਕ ਪਰਮਾਤਮਾ ਮਿਲ ਸਕਦਾ ਹੈ ।੫।੧੪।

ਆਸਾ ਮਹਲਾ ੫ ਇਕਤੁਕੇ ਚਉਪਦੇ ॥ ਇਕ ਘੜੀ ਦਿਨਸੁ ਮੋ ਕਉ ਬਹੁਤੁ ਦਿਹਾਰੇ ॥ ਮਨੁ ਨ ਰਹੈ ਕੈਸੇ ਮਿਲਉ ਪਿਆਰੇ ॥੧॥ ਇਕੁ ਪਲੁ ਦਿਨਸੁ ਮੋ ਕਉ ਕਬਹੁ ਨ ਬਿਹਾਵੈ ॥ ਦਰਸਨ ਕੀ ਮਨਿ ਆਸ ਘਨੇਰੀ ਕੋਈ ਐਸਾ ਸੰਤੁ ਮੋ ਕਉ ਪਿਰਹਿ ਮਿਲਾਵੈ ॥੧॥ ਰਹਾਉ ॥ ਚਾਰਿ ਪਹਰ ਚਹੁ ਜੁਗਹ ਸਮਾਨੇ ॥ ਰੈਣਿ ਭਈ ਤਬ ਅੰਤੁ ਨ ਜਾਨੇ ॥੨॥ ਪੰਚ ਦੂਤ ਮਿਲਿ ਪਿਰਹੁ ਵਿਛੋੜੀ ॥ ਭ੍ਰਮਿ ਭ੍ਰਮਿ ਰੋਵੈ ਹਾਥ ਪਛੋੜੀ ॥੩॥ ਜਨ ਨਾਨਕ ਕਉ ਹਰਿ ਦਰਸੁ ਦਿਖਾਇਆ ॥ ਆਤਮੁ ਚੀਨ੍ਹਿ ਪਰਮ ਸੁਖੁ ਪਾਇਆ ॥੪॥੧੫॥ {ਪੰਨਾ 374-375}

ਪਦਅਰਥ:- ਇਕ ਘੜੀ ਦਿਨਸੁ—ਦਿਨ ਦੀ ਇਕ ਘੜੀ । ਮੋ ਕਉ—ਮੈਨੂੰ । ਦਿਹਾਰੇ—ਦਿਹਾੜੇ, ਦਿਨ । ਨ ਰਹੈ—ਨਹੀਂ ਟਿਕਦਾ, ਧੀਰਜ ਨਹੀਂ ਫੜਦਾ । ਮਿਲਉ—ਮੈਂ ਮਿਲਾਂ ।੧।

ਬਿਹਾਵੈ—ਬੀਤਦਾ, ਲੰਘਦਾ, ਗੁਜ਼ਰਦਾ । ਕਬਹੁ ਨ ਬਿਹਾਵੈ—ਮੁੱਕਣ ਵਿਚ ਹੀ ਨਹੀਂ ਆਉਂਦਾ । ਮਨਿ—ਮਨ ਵਿਚ । ਘਨੇਰੀ—ਬਹੁਤ । ਪਿਰਹਿ—ਪਤੀ ਨਾਲ ।੧।ਰਹਾਉ।

ਸਮਾਨੇ—ਸਮਾਨ, ਬਰਾਬਰ । ਰੈਣਿ—ਰਾਤ । ਅੰਤੁ—(ਰਾਤ ਦਾ) ਅਖ਼ੀਰ ।੨।

ਦੂਤ—ਵੈਰੀ । ਮਿਲਿ—ਮਿਲ ਕੇ । ਪਿਰਹੁ—ਪਿਰ ਤੋਂ । ਭ੍ਰਮਿ ਭ੍ਰਮਿ—ਭਟਕ ਭਟਕ ਕੇ । ਹਾਥ ਪਛੋੜੀ—ਹੱਥ

ਮਲਦੀ ਹੈ, ਪਛੁਤਾਂਦੀ ਹੈ ।੩।

ਆਤਮੁ—ਆਪਣੇ ਆਪ ਨੂੰ, ਆਪਣੇ ਆਤਮਕ ਜੀਵਨ ਨੂੰ । ਚੀਨਿ—ਪਰਖ ਕੇ, ਪੜਤਾਲ ਕੇ ।੪।

ਅਰਥ:- (ਹੇ ਭਾਈ! ਪ੍ਰਭੂ-ਪਤੀ ਦੇ ਵਿਛੋੜੇ ਵਿਚ) ਇਕ ਪਲ ਭੀ ਇਕ ਦਿਨ ਭੀ ਮੈਨੂੰ (ਇਉਂ ਜਾਪਦਾ ਹੈ ਕਿ) ਕਦੇ ਮੁੱਕਦਾ ਹੀ ਨਹੀਂ । ਮੇਰੇ ਮਨ ਵਿਚ ਬੜੀ ਤਾਂਘ ਲੱਗੀ ਰਹਿੰਦੀ ਹੈ ਕਿ ਮੈਨੂੰ ਕੋਈ ਅਜੇਹਾ ਸੰਤ ਮਿਲ ਪਏ ਜੇਹੜਾ ਮੈਨੂੰ ਪ੍ਰਭੂ-ਪਤੀ ਨਾਲ ਮਿਲਾ ਦੇਵੇ ।੧।ਰਹਾਉ।

(ਹੇ ਭਾਈ!) ਦਿਨ ਦੀ ਇਕ ਘੜੀ ਭੀ (ਪ੍ਰਭੂ-ਪਤੀ ਦੇ ਵਿਛੋੜੇ ਵਿਚ) ਮੈਨੂੰ ਕਈ ਦਿਨਾਂ ਬਰਾਬਰ ਜਾਪਦੀ ਹੈ (ਪ੍ਰਭੂ-ਪਤੀ ਦੇ ਮਿਲਾਪ ਤੋਂ ਬਿਨਾ) ਮੇਰਾ ਮਨ ਧੀਰਜ ਨਹੀਂ ਫੜਦਾ (ਮੈਂ ਹਰ ਵੇਲੇ ਸੋਚਦੀ ਰਹਿੰਦੀ ਹਾਂ ਕਿ) ਪਿਆਰੇ ਨੂੰ ਕਿਵੇਂ ਮਿਲਾਂ ।੧।

(ਦਿਨ ਦੇ) ਚਾਰ ਪਹਰ (ਵਿਛੋੜੇ ਵਿਚ ਮੈਨੂੰ) ਚਾਰ ਜੁਗਾਂ ਦੇ ਬਰਾਬਰ ਜਾਪਦੇ ਹਨ, ਜਦੋਂ ਰਾਤ ਆ ਪੈਂਦੀ ਹੈ ਤਦੋਂ ਤਾਂ ਉਹ ਮੁੱਕਣ ਵਿਚ ਨਹੀਂ ਆਉਂਦੀ ।੨।

(ਕਾਮਾਦਿਕ) ਪੰਜਾਂ ਵੈਰੀਆਂ ਨੇ ਮਿਲ ਕੇ (ਜਿਸ ਭੀ ਜੀਵ-ਇਸਤ੍ਰੀ ਨੂੰ) ਪ੍ਰਭੂ-ਪਤੀ ਤੋਂ ਵਿਛੋੜਿਆ ਹੈ ਉਹ ਭਟਕ ਭਟਕ ਕੇ ਰੋਂਦੀ ਹੈ ਤੇ ਪਛੁਤਾਂਦੀ ਹੈ ।੩।

ਹੇ ਦਾਸ ਨਾਨਕ! (ਜਿਸ ਜੀਵ ਨੂੰ) ਪਰਮਾਤਮਾ ਨੇ ਦਰਸਨ ਦਿੱਤਾ ਉਸ ਨੇ ਆਪਣੇ ਆਤਮਕ ਜੀਵਨ ਨੂੰ ਪੜਤਾਲ ਕੇ ਸਭ ਤੋਂ ਉੱਚਾ ਆਤਮਕ ਆਨੰਦ ਪ੍ਰਾਪਤ ਕਰ ਲਿਆ ।੪।੧੫।

ਆਸਾ ਮਹਲਾ ੫ ॥ ਹਰਿ ਸੇਵਾ ਮਹਿ ਪਰਮ ਨਿਧਾਨੁ ॥ ਹਰਿ ਸੇਵਾ ਮੁਖਿ ਅੰਮ੍ਰਿਤ ਨਾਮੁ ॥੧॥ ਹਰਿ ਮੇਰਾ ਸਾਥੀ ਸੰਗਿ ਸਖਾਈ ॥ ਦੁਖਿ ਸੁਖਿ ਸਿਮਰੀ ਤਹ ਮਉਜੂਦੁ ਜਮੁ ਬਪੁਰਾ ਮੋ ਕਉ ਕਹਾ ਡਰਾਈ ॥੧॥ ਰਹਾਉ ॥ ਹਰਿ ਮੇਰੀ ਓਟ ਮੈ ਹਰਿ ਕਾ ਤਾਣੁ ॥ ਹਰਿ ਮੇਰਾ ਸਖਾ ਮਨ ਮਾਹਿ ਦੀਬਾਣੁ ॥੨॥ ਹਰਿ ਮੇਰੀ ਪੂੰਜੀ ਮੇਰਾ ਹਰਿ ਵੇਸਾਹੁ ॥ ਗੁਰਮੁਖਿ ਧਨੁ ਖਟੀ ਹਰਿ ਮੇਰਾ ਸਾਹੁ ॥੩॥ ਗੁਰ ਕਿਰਪਾ ਤੇ ਇਹ ਮਤਿ ਆਵੈ ॥ ਜਨ ਨਾਨਕੁ ਹਰਿ ਕੈ ਅੰਕਿ ਸਮਾਵੈ ॥੪॥੧੬॥ {ਪੰਨਾ 375}

ਪਦਅਰਥ:- ਪਰਮ ਨਿਧਾਨੁ—ਸਭ ਤੋਂ ਉੱਚਾ (ਆਤਮਕ) ਖ਼ਜ਼ਾਨਾ {ਲਫ਼ਜ਼ 'ਨਿਧਾਨੁ' ਇਕ-ਵਚਨ ਹੈ} । ਮੁਖਿ—ਮੂੰਹ ਨਾਲ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ ।੧।

ਸੰਗਿ—ਨਾਲ । ਸਖਾਈ—ਮਿੱਤਰ । ਦੁਖਿ—ਦੁੱਖ ਵਿਚ, ਦੁੱਖ ਵੇਲੇ । ਸੁਖਿ—ਸੁਖ ਵਿਚ, ਸੁਖ ਵੇਲੇ । ਸਿਮਰੀ—ਸਿਮਰੀਂ, (ਜਦੋਂ) ਮੈਂ ਸਿਮਰਦਾ ਹਾਂ । ਤਹ—ਉਥੇ । ਬਪੁਰਾ—ਵਿਚਾਰਾ, ਨਿਮਾਣਾ ।੧।ਰਹਾਉ।

ਤਾਣੁ—ਬਲ, ਜ਼ੋਰ । ਮੈ—ਮੈਨੂੰ । ਦੀਬਾਣੁ—ਆਸਰਾ ।੨।

ਵੇਸਾਹੁ—ਇਤਬਾਰ, ਸਾਖ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਖਟੀ—ਖੱਟੀ, ਮੈਂ ਖੱਟਦਾ ਹਾਂ ।੩।

ਅਰਥ:- (ਹੇ ਭਾਈ!) ਪਰਮਾਤਮਾ ਮੇਰਾ ਸਾਥੀ ਹੈ ਮਿੱਤਰ ਹੈ । ਦੁੱਖ ਵੇਲੇ ਸੁਖ ਵੇਲੇ (ਜਦੋਂ ਭੀ) ਮੈਂ ਉਸ ਨੂੰ ਯਾਦ ਕਰਦਾ ਹਾਂ, ਉਹ ਉਥੇ ਹਾਜ਼ਰ ਹੁੰਦਾ ਹੈ । ਸੋ, ਵਿਚਾਰਾ ਜਮ ਮੈਨੂੰ ਕਿਥੇ ਡਰਾ ਸਕਦਾ ਹੈ? ।੧।ਰਹਾਉ।

(ਹੇ ਭਾਈ!) ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਮੂੰਹ ਨਾਲ ਉਚਾਰਨਾ—ਇਹ ਪਰਮਾਤਮਾ ਦੀ ਸੇਵਾ ਹੈ, ਤੇ, ਪਰਮਾਤਮਾ ਦੀ ਸੇਵਾ ਵਿਚ ਸਭ ਤੋਂ ਉੱਚਾ (ਆਤਮਕ ਜੀਵਨ ਦਾ) ਖ਼ਜ਼ਾਨਾ (ਲੁਕਿਆ ਪਿਆ ਹੈ)

।੧।

(ਹੇ ਭਾਈ!) ਪਰਮਾਤਮਾ ਹੀ ਮੇਰੀ ਓਟ ਹੈ, ਮੈਨੂੰ ਪਰਮਾਤਮਾ ਦਾ ਹੀ ਸਹਾਰਾ ਹੈ, ਪਰਮਾਤਮਾ ਮੇਰਾ ਮਿੱਤਰ ਹੈ, ਮੈਨੂੰ ਆਪਣੇ ਮਨ ਵਿਚ ਪਰਮਾਤਮਾ ਦਾ ਹੀ ਆਸਰਾ ਹੈ ।੨।

ਪਰਮਾਤਮਾ (ਦਾ ਨਾਮ ਹੀ) ਮੇਰੀ ਰਾਸਿ-ਪੂੰਜੀ ਹੈ, ਪਰਮਾਤਮਾ (ਦਾ ਨਾਮ ਹੀ) ਮੇਰੇ ਵਾਸਤੇ (ਆਤਮਕ ਜੀਵਨ ਦਾ ਵਪਾਰ ਕਰਨ ਲਈ) ਸਾਖ ਹੈ (ਇਤਬਾਰ ਦਾ ਵਸੀਲਾ ਹੈ) । ਗੁਰੂ ਦੀ ਸਰਨ ਪੈ ਕੇ ਮੈਂ ਨਾਮ-ਧਨ ਕਮਾ ਰਿਹਾ ਹਾਂ, ਪਰਮਾਤਮਾ ਹੀ ਮੇਰਾ ਸ਼ਾਹ ਹੈ (ਜੋ ਮੈਨੂੰ ਨਾਮ-ਧਨ ਦਾ ਸਰਮਾਇਆ ਦੇਂਦਾ ਹੈ) ।੩।

ਦਾਸ ਨਾਨਕ (ਆਖਦਾ ਹੈ ਕਿ ਜਿਸ ਮਨੁੱਖ ਨੂੰ) ਗੁਰੂ ਦੀ ਕਿਰਪਾ ਨਾਲ ਇਸ ਵਪਾਰ ਦੀ ਸਮਝ ਆ ਜਾਂਦੀ ਹੈ ਉਹ ਸਦਾ ਪਰਮਾਤਮਾ ਦੀ ਗੋਦ ਵਿਚ ਲੀਨ ਰਹਿੰਦਾ ਹੈ ।੪।੧੬।

ਆਸਾ ਮਹਲਾ ੫ ॥ ਪ੍ਰਭੁ ਹੋਇ ਕ੍ਰਿਪਾਲੁ ਤ ਇਹੁ ਮਨੁ ਲਾਈ ॥ ਸਤਿਗੁਰੁ ਸੇਵਿ ਸਭੈ ਫਲ ਪਾਈ ॥੧॥ ਮਨ ਕਿਉ ਬੈਰਾਗੁ ਕਰਹਿਗਾ ਸਤਿਗੁਰੁ ਮੇਰਾ ਪੂਰਾ ॥ ਮਨਸਾ ਕਾ ਦਾਤਾ ਸਭ ਸੁਖ ਨਿਧਾਨੁ ਅੰਮ੍ਰਿਤ ਸਰਿ ਸਦ ਹੀ ਭਰਪੂਰਾ ॥੧॥ ਰਹਾਉ ॥ ਚਰਣ ਕਮਲ ਰਿਦ ਅੰਤਰਿ ਧਾਰੇ ॥ ਪ੍ਰਗਟੀ ਜੋਤਿ ਮਿਲੇ ਰਾਮ ਪਿਆਰੇ ॥੨॥ ਪੰਚ ਸਖੀ ਮਿਲਿ ਮੰਗਲੁ ਗਾਇਆ ॥ ਅਨਹਦ ਬਾਣੀ ਨਾਦੁ ਵਜਾਇਆ ॥੩॥ ਗੁਰੁ ਨਾਨਕੁ ਤੁਠਾ ਮਿਲਿਆ ਹਰਿ ਰਾਇ ॥ ਸੁਖਿ ਰੈਣਿ ਵਿਹਾਣੀ ਸਹਜਿ ਸੁਭਾਇ ॥੪॥੧੭॥ {ਪੰਨਾ 375}

ਪਦਅਰਥ:- ਕ੍ਰਿਪਾਲੁ—{øpw-Aw lX} ਦਇਆਵਾਨ । ਲਾਈ—ਲਾਈਂ, ਮੈਂ ਲਾਵਾਂ । ਸੇਵਿ—ਸੇਵਾ ਕਰ ਕੇ । ਪਾਈ—ਪਾਈਂ, ਮੈਂ ਪਾਵਾਂ ।੧।

ਮਨ—ਹੇ ਮਨ! ਕਿਉ ਬੈਰਾਗੁ ਕਰਹਿਗਾ—ਕਿਉਂ ਘਾਬਰਦਾ ਹੈਂ? ਮਨਸਾ—ਮਨ ਦਾ ਫੁਰਨਾ, ਇੱਛਾ । ਦਾਤਾ—ਦੇਣ ਵਾਲਾ । ਸੁਖ ਨਿਧਾਨੁ—ਸੁਖਾਂ ਦਾ ਖ਼ਜ਼ਾਨਾ । ਅੰਮ੍ਰਿਤ ਸਰਿ—ਅੰਮ੍ਰਿਤ ਦੇ ਸਰੋਵਰ-ਗੁਰੂ ਵਿਚ । ਭਰਪੂਰਾ—ਨਕਾ-ਨਕ ਭਰਿਆ ਹੋਇਆ ।੧।ਰਹਾਉ।

ਰਿਦ—ਹਿਰਦਾ ।੨।

ਪੰਚ ਸਖੀ—ਪੰਜ ਸਹੇਲੀਆਂ, ਪੰਜ ਗਿਆਨ-ਇੰਦ੍ਰੇ । ਮੰਗਲੁ—ਸਿਫ਼ਤਿ ਸਾਲਾਹ ਦਾ ਗੀਤ । ਅਨਹਦ—ਇਕ-ਰਸ, ਲਗਾਤਾਰ । ਬਾਣੀ—ਸਿਫ਼ਤਿ-ਸਾਲਾਹ ਦੀ ਬਾਣੀ (ਦਾ) । ਨਾਦੁ—ਵਾਜਾ ।੩।

ਤੁਠਾ—ਪ੍ਰਸੰਨ ਹੋਇਆ । ਹਰਿ ਰਾਇ—ਪ੍ਰਭੂ-ਪਾਤਿਸ਼ਾਹ । ਸੁਖਿ—ਸੁਖ ਵਿਚ । ਰੈਣਿ—ਰਾਤ । ਸਹਜਿ—ਆਤਮਕ ਅਡੋਲਤਾ ਵਿਚ । ਸੁਭਾਇ—ਪ੍ਰੇਮ ਵਿਚ ।੪।

ਅਰਥ:- ਹੇ ਮੇਰੇ ਮਨ! ਤੂੰ ਕਿਉਂ ਘਾਬਰਦਾ ਹੈਂ? (ਯਕੀਨ ਰੱਖ, ਤੇਰੇ ਸਿਰ ਉਤੇ ਉਹ) ਪਿਆਰਾ ਸਤਿਗੁਰੂ (ਰਾਖਾ) ਹੈ ਜੋ ਮਨ ਦੀਆਂ ਲੋੜਾਂ ਪੂਰੀਆਂ ਕਰਨ ਵਾਲਾ ਹੈ ਜੋ ਸਾਰੇ ਸੁਖਾਂ ਦਾ ਖ਼ਜ਼ਾਨਾ ਹੈ ਅਤੇ ਜਿਸ ਅੰਮ੍ਰਿਤ ਦੇ ਸਰੋਵਰ-ਗੁਰੂ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਨਕਾ-ਨਕ ਭਰਿਆ ਹੋਇਆ ਹੈ ।੧।ਰਹਾਉ।

(ਹੇ ਭਾਈ!) ਜੇ ਪਰਮਾਤਮਾ ਦਇਆਵਾਨ ਹੋਵੇ ਤਾਂ ਹੀ ਮੈਂ ਇਹ ਮਨ (ਗੁਰੂ ਦੇ ਚਰਨਾਂ ਵਿਚ) ਜੋੜ ਸਕਦਾ ਹਾਂ, ਤਦੋਂ ਹੀ ਗੁਰੂ ਦੀ (ਦੱਸੀ) ਸੇਵਾ ਕਰ ਕੇ ਮਨ-ਇੱਛਤ ਫਲ ਪ੍ਰਾਪਤ ਕਰ ਸਕਦਾ ਹਾਂ ।੧।

(ਹੇ ਭਾਈ!) ਜਿਸ ਮਨੁੱਖ ਨੇ ਆਪਣੇ ਹਿਰਦੇ ਵਿਚ (ਗੁਰੂ ਦੇ) ਸੋਹਣੇ ਚਰਨ ਟਿਕਾ ਲਏ (ਉਸ ਦੇ ਅੰਦਰ) ਪਰਮਾਤਮਾ ਦੀ ਜੋਤਿ ਜਗ ਪਈ, ਉਸ ਨੂੰ ਪਿਆਰਾ ਪ੍ਰਭੂ ਮਿਲ ਪਿਆ ।੨।

ਉਸ ਦੇ ਪੰਜੇ ਗਿਆਨ-ਇੰਦ੍ਰਿਆਂ ਨੇ ਮਿਲ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦਾ ਵਾਜਾ ਇਕ-ਰਸ ਵਜਾਣਾ ਸ਼ੁਰੂ ਕਰ ਦਿੱਤਾ ।੩।

ਹੇ ਨਾਨਕ! ਜਿਸ ਮਨੁੱਖ ਉਤੇ ਗੁਰੂ ਪ੍ਰਸੰਨ ਹੋ ਪਿਆ ਉਸ ਨੂੰ ਪ੍ਰਭੂ-ਪਾਤਿਸ਼ਾਹ ਮਿਲ ਪਿਆ, ਉਸ ਦੀ (ਜ਼ਿੰਦਗੀ ਦੀ) ਰਾਤ ਸੁਖ ਵਿਚ ਆਤਮਕ ਅਡੋਲਤਾ ਵਿਚ ਬੀਤਣ ਲੱਗ ਪਈ ।੪।੧੭।

ਆਸਾ ਮਹਲਾ ੫ ॥ ਕਰਿ ਕਿਰਪਾ ਹਰਿ ਪਰਗਟੀ ਆਇਆ ॥ ਮਿਲਿ ਸਤਿਗੁਰ ਧਨੁ ਪੂਰਾ ਪਾਇਆ ॥੧॥ ਐਸਾ ਹਰਿ ਧਨੁ ਸੰਚੀਐ ਭਾਈ ॥ ਭਾਹਿ ਨ ਜਾਲੈ ਜਲਿ ਨਹੀ ਡੂਬੈ ਸੰਗੁ ਛੋਡਿ ਕਰਿ ਕਤਹੁ ਨ ਜਾਈ ॥੧॥ ਰਹਾਉ ॥ ਤੋਟਿ ਨ ਆਵੈ ਨਿਖੁਟਿ ਨ ਜਾਇ ॥ ਖਾਇ ਖਰਚਿ ਮਨੁ ਰਹਿਆ ਅਘਾਇ ॥੨॥ ਸੋ ਸਚੁ ਸਾਹੁ ਜਿਸੁ ਘਰਿ ਹਰਿ ਧਨੁ ਸੰਚਾਣਾ ॥ ਇਸੁ ਧਨ ਤੇ ਸਭੁ ਜਗੁ ਵਰਸਾਣਾ ॥੩॥ ਤਿਨਿ ਹਰਿ ਧਨੁ ਪਾਇਆ ਜਿਸੁ ਪੁਰਬ ਲਿਖੇ ਕਾ ਲਹਣਾ ॥ ਜਨ ਨਾਨਕ ਅੰਤਿ ਵਾਰ ਨਾਮੁ ਗਹਣਾ ॥੪॥੧੮॥ {ਪੰਨਾ 375}

ਪਦਅਰਥ:- ਕਰਿ—ਕਰ ਕੇ । ਮਿਲਿ—ਮਿਲ ਕੇ । ਧਨੁ ਪੂਰਾ—ਕਦੇ ਨਾਹ ਘਟਣ ਵਾਲਾ ਨਾਮ-ਧਨ ।੧।

ਸੰਚੀਐ—ਇਕੱਠਾ ਕਰਨਾ ਚਾਹੀਦਾ ਹੈ । ਭਾਈ—ਹੇ ਭਾਈ! ਭਾਹਿ—ਅੱਗ । ਜਾਲੈ—ਸਾੜੇ । ਜਲਿ—ਪਾਣੀ ਵਿਚ । ਸੰਗੁ—ਸਾਥ । ਛੋਡਿ ਕਰਿ—ਛੱਡ ਕੇ । ਕਤਹੁ—ਕਿਸੇ ਹੋਰ ਥਾਂ ।੧।ਰਹਾਉ।

ਤੋਟਿ—ਘਾਟਾ । ਖਾਇ—ਖਾ ਕੇ, ਆਪ ਵਰਤ ਕੇ, ਆਪ ਜਪ ਕੇ । ਖਰਚਿ—ਖਰਚ ਕੇ, ਵੰਡ ਕੇ । ਰਹਿਆ ਅਘਾਇ-ਰੱਜਿਆ ਰਹਿੰਦਾ ਹੈ ।੨।

ਸਚੁ—ਸਦਾ ਕਾਇਮ ਰਹਿਣ ਵਾਲਾ । ਸਾਹੁ—ਸਾਹੂਕਾਰ । ਘਟਿ—ਹਿਰਦੇ-ਘਰ ਵਿਚ । ਸੰਚਾਣਾ—ਜਮ੍ਹਾਂ ਹੋ ਗਿਆ । ਤੇ—ਤੋਂ । ਵਰਸਾਣਾ—ਲਾਭ ਉਠਾਂਦਾ ਹੈ ।੩।

ਤਿਨਿ—ਉਸ (ਮਨੁੱਖ) ਨੇ । ਪੁਰਬ ਲਿਖੇ ਕਾ—ਪੁਰਬਲੇ ਜਨਮਾਂ ਵਿਚ ਕੀਤੇ ਭਲੇ ਕਰਮਾਂ ਦੇ ਸੰਸਕਾਰਾਂ ਅਨੁਸਾਰ । ਲਹਣਾ—ਪ੍ਰਾਪਤੀ । ਅੰਤਿ ਵਾਰ—ਅਖ਼ੀਰ ਸਮੇ ।੪।

ਅਰਥ:- ਹੇ ਵੀਰ! ਇਹੋ ਜਿਹਾ ਪਰਮਾਤਮਾ ਦਾ ਨਾਮ-ਧਨ ਇਕੱਠਾ ਕਰਨਾ ਚਾਹੀਦਾ ਹੈ ਜਿਸ ਨੂੰ ਅੱਗ ਸਾੜ ਨਹੀਂ ਸਕਦੀ, ਜੋ ਪਾਣੀ ਵਿਚ ਡੁੱਬਦਾ ਨਹੀਂ ਅਤੇ ਜੋ ਸਾਥ ਛੱਡ ਕੇ ਕਿਸੇ ਭੀ ਹੋਰ ਥਾਂ ਨਹੀਂ ਜਾਂਦਾ ।੧।

(ਹੇ ਵੀਰ!) ਜਿਸ ਮਨੁੱਖ ਨੇ ਸਤਿਗੁਰੂ ਨੂੰ ਮਿਲ ਕੇ ਕਦੇ ਨਾਹ ਘਟਣ ਵਾਲਾ ਨਾਮ-ਧਨ ਹਾਸਲ ਕਰ ਲਿਆ ਪਰਮਾਤਮਾ ਕਿਰਪਾ ਕਰ ਕੇ ਉਸ ਦੇ ਅੰਦਰ ਆਪ ਆ ਪਰਤੱਖ ਹੁੰਦਾ ਹੈ ।੧।ਰਹਾਉ।

(ਹੇ ਭਾਈ! ਪਰਮਾਤਮਾ ਦਾ ਨਾਮ ਐਸਾ ਧਨ ਹੈ ਜਿਸ ਵਿਚ) ਕਦੇ ਘਾਟਾ ਨਹੀਂ ਪੈਂਦਾ ਜੋ ਕਦੇ ਨਹੀਂ ਮੁੱਕਦਾ । ਇਹ ਧਨ ਆਪ ਵਰਤ ਕੇ ਹੋਰਨਾਂ ਨੂੰ ਵੰਡ ਕੇ (ਮਨੱਖ ਦਾ) ਮਨ (ਦੁਨੀਆ ਦੇ ਧਨ ਦੀ ਲਾਲਸਾ ਵਲੋਂ) ਰੱਜਿਆ ਰਹਿੰਦਾ ਹੈ ।੨।

(ਹੇ ਭਾਈ!) ਜਿਸ ਮਨੁੱਖ ਦੇ ਹਿਰਦੇ-ਘਰ ਵਿਚ ਪਰਮਾਤਮਾ ਦਾ ਨਾਮ-ਧਨ ਜਮ੍ਹਾਂ ਹੋ ਜਾਂਦਾ ਹੈ ਉਹੀ ਮਨੁੱਖ

ਸਦਾ ਲਈ ਸਾਹੂਕਾਰ ਬਣ ਜਾਂਦਾ ਹੈ । ਉਸ ਦੇ ਇਸ ਧਨ ਤੋਂ ਸਾਰਾ ਜਗਤ ਲਾਭ ਉਠਾਂਦਾ ਹੈ ।੩।

(ਪਰ, ਹੇ ਭਾਈ!) ਉਸ ਮਨੁੱਖ ਨੇ ਇਹ ਹਰਿ-ਨਾਮ-ਧਨ ਹਾਸਲ ਕੀਤਾ ਹੈ, ਜਿਸ ਦੇ ਭਾਗਾਂ ਵਿਚ ਪੂਰਬਲੇ ਕੀਤੇ ਭਲੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਇਸ ਦੀ ਪ੍ਰਾਪਤੀ ਲਿਖੀ ਹੁੰਦੀ ਹੈ । ਹੇ ਦਾਸ ਨਾਨਕ! (ਆਖ—) ਪਰਮਾਤਮਾ ਦਾ ਨਾਮ-ਧਨ (ਮਨੁੱਖ ਦੀ ਜਿੰਦ ਵਾਸਤੇ) ਅਖ਼ੀਰਲੇ ਵੇਲੇ ਦਾ ਗਹਣਾ ਹੈ ।੪।੧੮।

ਆਸਾ ਮਹਲਾ ੫ ॥ ਜੈਸੇ ਕਿਰਸਾਣੁ ਬੋਵੈ ਕਿਰਸਾਨੀ ॥ ਕਾਚੀ ਪਾਕੀ ਬਾਢਿ ਪਰਾਨੀ ॥੧॥ ਜੋ ਜਨਮੈ ਸੋ ਜਾਨਹੁ ਮੂਆ ॥ ਗੋਵਿੰਦ ਭਗਤੁ ਅਸਥਿਰੁ ਹੈ ਥੀਆ ॥੧॥ ਰਹਾਉ ॥ ਦਿਨ ਤੇ ਸਰਪਰ ਪਉਸੀ ਰਾਤਿ ॥ ਰੈਣਿ ਗਈ ਫਿਰਿ ਹੋਇ ਪਰਭਾਤਿ ॥੨॥ ਮਾਇਆ ਮੋਹਿ ਸੋਇ ਰਹੇ ਅਭਾਗੇ ॥ ਗੁਰ ਪ੍ਰਸਾਦਿ ਕੋ ਵਿਰਲਾ ਜਾਗੇ ॥੩॥ ਕਹੁ ਨਾਨਕ ਗੁਣ ਗਾਈਅਹਿ ਨੀਤ ॥ ਮੁਖ ਊਜਲ ਹੋਇ ਨਿਰਮਲ ਚੀਤ ॥੪॥੧੯॥ {ਪੰਨਾ 375}

ਪਦਅਰਥ:- ਕਿਰਸਾਣੁ—ਕਿਸਾਨ । ਕਿਰਸਾਨੀ—ਖੇਤੀ, ਪੈਲੀ । ਕਾਚੀ—ਕੱਚੀ । ਪਾਕੀ—ਪੱਕੀ । ਬਾਢਿ—ਬਾਢੈ, ਵੱਢ ਲੈਂਦਾ ਹੈ । ਪਰਾਨੀ—ਹੇ ਪ੍ਰਾਣੀ! ।੧।

ਜਾਨਹੁ—ਯਕੀਨ ਜਾਣੋ । ਅਸਥਿਰੁ—(ਮੌਤ ਦੇ ਸਹਮ ਵਲੋਂ) ਅਡੋਲ-ਚਿੱਤ । ਥੀਆ—ਹੋ ਗਿਆ ਹੈ ।੧।ਰਹਾਉ।

ਤੇ—ਤੋਂ । ਸਰਪਰ—ਜ਼ਰੂਰ । ਪਉਸੀ—ਪਏਗੀ । ਰੈਣਿ—ਰਾਤ । ਪਰਭਾਤਿ—ਸਵੇਰ ।੨।

ਮੋਹਿ—ਮੋਹ ਵਿਚ । ਅਭਾਗੇ—ਬਦ-ਨਸੀਬ ਬੰਦੇ । ਕੋ—ਕੋਈ ।੩।

ਗਾਈਅਹਿ—ਗਾਏ ਜਾਣੇ ਚਾਹੀਦੇ ਹਨ । ਨੀਤ—ਸਦਾ । ਚੀਤ—ਚਿੱਤ, ਮਨ । ਨਿਰਮਲ—ਪਵਿਤ੍ਰ ।੪।

ਅਰਥ:- ਹੇ ਪ੍ਰਾਣੀ! (ਜਿਵੇਂ) ਕੋਈ ਕਿਸਾਨ ਖੇਤੀ ਬੀਜਦਾ ਹੈ (ਤੇ ਜਦੋਂ ਜੀ ਚਾਹੇ) ਉਸ ਨੂੰ ਵੱਢ ਲੈਂਦਾ ਹੈ (ਚਾਹੇ ਉਹ) ਕੱਚੀ (ਹੋਵੇ ਚਾਹੇ) ਪੱਕੀ (ਇਸੇ ਤਰ੍ਹਾਂ ਮਨੁੱਖ ਉਤੇ ਮੌਤ ਕਿਸੇ ਭੀ ਉਮਰੇ ਆ ਸਕਦੀ ਹੈ) ।੧।

(ਹੇ ਭਾਈ!) ਯਕੀਨ ਜਾਣੋ ਕਿ ਜਿਹੜਾ ਜੀਵ ਪੈਦਾ ਹੁੰਦਾ ਹੈ ਉਹ ਮਰਦਾ ਭੀ (ਜ਼ਰੂਰ) ਹੈ । ਪਰਮਾਤਮਾ ਦਾ ਭਗਤ (ਇਸ ਅਟੱਲ ਨਿਯਮ ਨੂੰ ਜਾਣਦਾ ਹੋਇਆ ਮੌਤ ਦੇ ਸਹਮ ਵਲੋਂ) ਅਡੋਲ-ਚਿੱਤ ਹੋ ਜਾਂਦਾ ਹੈ ।੧।ਰਹਾਉ।

(ਹੇ ਭਾਈ!) ਦਿਨ ਤੋਂ ਜ਼ਰੂਰ ਰਾਤ ਪੈ ਜਾਇਗੀ, ਰਾਤ (ਭੀ) ਮੁੱਕ ਜਾਂਦੀ ਹੈ ਫਿਰ ਮੁੜ ਸਵੇਰ ਹੋ ਜਾਂਦੀ ਹੈ (ਇਸੇ ਤਰ੍ਹਾਂ ਜਗਤ ਵਿਚ ਜਨਮ ਤੇ ਮਰਨ ਦਾ ਸਿਲਸਲਾ ਤੁਰਿਆ ਰਹਿੰਦਾ ਹੈ) ।੨।

(ਇਹ ਜਾਣਦਿਆਂ ਭੀ ਕਿ ਮੌਤ ਜ਼ਰੂਰ ਆਉਣੀ ਹੈ) ਬਦ-ਨਸੀਬ ਬੰਦੇ ਮਾਇਆ ਦੇ ਮੋਹ ਵਿਚ (ਫਸ ਕੇ ਜੀਵਨ-ਮਨੋਰਥ ਵਲੋਂ) ਗ਼ਾਫ਼ਿਲ ਹੋਏ ਰਹਿੰਦੇ ਹਨ । ਕੋਈ ਵਿਰਲਾ ਮਨੁੱਖ ਗੁਰੂ ਦੀ ਕਿਰਪਾ ਨਾਲ (ਮੋਹ ਦੀ ਨੀਂਦ ਤੋਂ) ਜਾਗਦਾ ਹੈ ।੩।

ਹੇ ਨਾਨਕ! ਆਖ—(ਹੇ ਭਾਈ!) ਸਦਾ ਪਰਮਾਤਮਾ ਦੇ ਗੁਣ ਗਾਏ ਜਾਣੇ ਚਾਹੀਦੇ ਹਨ (ਇਸ ਉੱਦਮ ਦੀ ਬਰਕਤਿ ਨਾਲ, ਇਕ ਤਾਂ, ਲੋਕ ਪਰਲੋਕ ਵਿਚ) ਮੁਖ ਉਜਲਾ ਹੋ ਜਾਂਦਾ ਹੈ, (ਦੂਜੇ) ਮਨ (ਭੀ) ਪਵਿਤ੍ਰ ਹੋ ਜਾਂਦਾ ਹੈ ।੪।੧੯।

ਆਸਾ ਮਹਲਾ ੫ ॥ ਨਉ ਨਿਧਿ ਤੇਰੈ ਸਗਲ ਨਿਧਾਨ ॥ ਇਛਾ ਪੂਰਕੁ ਰਖੈ ਨਿਦਾਨ ॥੧॥ ਤੂੰ ਮੇਰੋ ਪਿਆਰੋ ਤਾ ਕੈਸੀ ਭੂਖਾ ॥ ਤੂੰ ਮਨਿ ਵਸਿਆ ਲਗੈ ਨ ਦੂਖਾ ॥੧॥ ਰਹਾਉ ॥ ਜੋ ਤੂੰ ਕਰਹਿ ਸੋਈ ਪਰਵਾਣੁ ॥ ਸਾਚੇ ਸਾਹਿਬ ਤੇਰਾ ਸਚੁ ਫੁਰਮਾਣੁ ॥੨॥ ਜਾ ਤੁਧੁ ਭਾਵੈ ਤਾ ਹਰਿ ਗੁਣ ਗਾਉ ॥ ਤੇਰੈ ਘਰਿ ਸਦਾ ਸਦਾ ਹੈ ਨਿਆਉ ॥੩॥ ਸਾਚੇ ਸਾਹਿਬ ਅਲਖ ਅਭੇਵ ॥ ਨਾਨਕ ਲਾਇਆ ਲਾਗਾ ਸੇਵ ॥੪॥੨੦॥ {ਪੰਨਾ 376}

ਪਦਅਰਥ:- ਤੇਰੈ—ਤੇਰੇ ਘਰ ਵਿਚ (ਹੇ ਪ੍ਰਭੂ!) । ਸਗਲ—ਸਾਰੇ । ਨਿਧਿ—ਖ਼ਜ਼ਾਨਾ । ਨਿਧਾਨ—ਖ਼ਜ਼ਾਨੇ । ਇਛਾ ਪੂਰਕੁ—ਇੱਛਾ ਪੂਰੀ ਕਰਨ ਵਾਲਾ । ਰਖੈ—ਰਾਖੀ ਕਰਦਾ ਹੈ । ਨਿਦਾਨ—ਅੰਤ ਨੂੰ (ਜਦੋਂ ਹੋਰ ਆਸਰੇ ਛੱਡ ਕੇ ਜੀਵ ਉਸ ਦੀ ਸਰਨ ਪੈਂਦਾ ਹੈ) ।੧।

ਭੂਖਾ—ਭੁੱਖ, ਤ੍ਰਿਸ਼ਨਾ । ਮਨਿ—ਮਨ ਵਿਚ ।੧।ਰਹਾਉ।

ਪਰਵਾਣੁ—ਕਬੂਲ । ਸਾਚੇ ਸਾਹਿਬ—ਹੇ ਸਦਾ-ਥਿਰ ਰਹਿਣ ਵਾਲੇ ਮਾਲਕ! ਸਚੁ—ਸਦਾ ਕਾਇਮ ਰਹਿਣ ਵਾਲਾ । ਫੁਰਮਾਣੁ—ਹੁਕਮ ।੨।

ਤੁਧੁ—ਤੈਨੂੰ । ਗਾਉ—ਗਾਉਂ, ਮੈਂ ਗਾਂਦਾ ਹਾਂ । ਘਰਿ—ਘਰ ਵਿਚ । ਨਿਆਉ—ਇਨਸਾਫ਼ ।੩।

ਅਲਖ—ਜਿਸ ਦਾ ਸਹੀ ਸਰੂਪ ਬਿਆਨ ਨਾਹ ਕੀਤਾ ਜਾ ਸਕੇ । ਅਭੇਵ—ਜਿਸ ਦਾ ਭੇਤ ਨਾਹ ਪਾਇਆ ਜਾ ਸਕੇ ।੪।

ਅਰਥ:- (ਹੇ ਪ੍ਰਭੂ!) ਜਦੋਂ ਤੂੰ ਮੇਰੇ ਨਾਲ ਪਿਆਰ ਕਰਨ ਵਾਲਾ ਹੈਂ (ਤੇ ਮੈਨੂੰ ਸਭ ਕੁਝ ਦੇਣ ਵਾਲਾ ਹੈਂ) ਤਾਂ ਮੈਨੂੰ ਕੋਈ ਤ੍ਰਿਸ਼ਨਾ ਨਹੀਂ ਰਹਿ ਸਕਦੀ । ਜੇ ਤੂੰ ਮੇਰੇ ਮਨ ਵਿਚ ਟਿਕਿਆ ਰਹੇਂ ਤਾਂ ਕੋਈ ਭੀ ਦੁੱਖ ਮੈਨੂੰ ਪੋਹ ਨਹੀਂ ਸਕਦਾ ।੧।ਰਹਾਉ।

(ਹੇ ਪ੍ਰਭੂ!) ਤੇਰੇ ਘਰ ਵਿਚ (ਜਗਤ ਦੀਆਂ) ਨੌ ਹੀ ਨਿਧੀਆਂ ਮੌਜੂਦ ਹਨ ਸਾਰੇ ਖ਼ਜ਼ਾਨੇ ਮੌਜੂਦ ਹਨ । ਤੂੰ ਐਸਾ ਇੱਛਾ-ਪੂਰਕ ਹੈਂ (ਤੂੰ ਹਰੇਕ ਜੀਵ ਦੀ ਇੱਛਾ ਪੂਰੀ ਕਰਨ ਦੀ ਅਜੇਹੀ ਤਾਕਤ ਰੱਖਦਾ ਹੈਂ) ਜੇਹੜਾ ਅੰਤ ਨੂੰ ਰਾਖੀ ਕਰਦਾ ਹੈ (ਜਦੋਂ ਮਨੁੱਖ ਹੋਰ ਸਾਰੇ ਮਿਥੇ ਹੋਏ ਆਸਰੇ ਛੱਡ ਬੈਠਦਾ ਹੈ) ।੧।

ਹੇ ਪ੍ਰਭੂ! ਜੋ ਕੁਝ ਤੂੰ ਕਰਦਾ ਹੈਂ (ਜੀਵਾਂ ਨੂੰ) ਉਹੀ (ਸਿਰ-ਮੱਥੇ ਉੱਤੇ) ਕਬੂਲ ਹੁੰਦਾ ਹੈ । ਹੇ ਸਦਾ ਕਾਇਮ ਰਹਿਣ ਵਾਲੇ ਮਾਲਕ! ਤੇਰਾ ਹੁਕਮ ਭੀ ਅਟੱਲ ਹੈ ।੨।

ਹੇ ਪ੍ਰਭੂ! ਜਦੋਂ ਤੈਨੂੰ ਮਨਜ਼ੂਰ ਹੁੰਦਾ ਹੈ ਤਦੋਂ ਹੀ ਮੈਂ ਤੇਰੀ ਸਿਫ਼ਤਿ-ਸਾਲਾਹ ਦੇ ਗੀਤ ਗਾ ਸਕਦਾ ਹਾਂ । ਤੇਰੇ ਘਰ ਵਿਚ ਸਦਾ ਹੀ ਇਨਸਾਫ਼ ਹੈ, ਸਦਾ ਹੀ ਇਨਸਾਫ਼ ਹੈ ।੩।

ਹੇ ਨਾਨਕ! (ਆਖ—) ਹੇ ਸਦਾ ਕਾਇਮ ਰਹਿਣ ਵਾਲੇ ਮਾਲਕ! ਹੇ ਅਲੱਖ ਤੇ ਅਭੇਵ! ਤੇਰਾ ਪ੍ਰੇਰਿਆ ਹੋਇਆ ਹੀ ਜੀਵ ਤੇਰੀ ਸੇਵਾ-ਭਗਤੀ ਵਿਚ ਲੱਗ ਸਕਦਾ ਹੈ ।੪।੨੦।

ਆਸਾ ਮਹਲਾ ੫ ॥ ਨਿਕਟਿ ਜੀਅ ਕੈ ਸਦ ਹੀ ਸੰਗਾ ॥ ਕੁਦਰਤਿ ਵਰਤੈ ਰੂਪ ਅਰੁ ਰੰਗਾ ॥੧॥ ਕਰ੍ਹੈ ਨ ਝੁਰੈ ਨਾ ਮਨੁ ਰੋਵਨਹਾਰਾ ॥ ਅਵਿਨਾਸੀ ਅਵਿਗਤੁ ਅਗੋਚਰੁ ਸਦਾ ਸਲਾਮਤਿ ਖਸਮੁ ਹਮਾਰਾ ॥੧॥ ਰਹਾਉ ॥ ਤੇਰੇ ਦਾਸਰੇ ਕਉ ਕਿਸ ਕੀ ਕਾਣਿ ॥ ਜਿਸ ਕੀ ਮੀਰਾ ਰਾਖੈ ਆਣਿ ॥੨॥

ਜੋ ਲਉਡਾ ਪ੍ਰਭਿ ਕੀਆ ਅਜਾਤਿ ॥ ਤਿਸੁ ਲਉਡੇ ਕਉ ਕਿਸ ਕੀ ਤਾਤਿ ॥੩॥ ਵੇਮੁਹਤਾਜਾ ਵੇਪਰਵਾਹੁ ॥ ਨਾਨਕ ਦਾਸ ਕਹਹੁ ਗੁਰ ਵਾਹੁ ॥੪॥੨੧॥ {ਪੰਨਾ 376}

ਪਦਅਰਥ:- ਨਿਕਟਿ—ਨੇੜੇ {ਨਿਅੜਿ} । ਜੀਅ ਕੈ ਨਿਕਟਿ—ਸਭ ਜੀਵਾਂ ਦੇ ਨੇੜੇ । ਸਦ—ਸਦਾ । ਕੁਦਰਤਿ—ਕਲਾ, ਤਾਕਤ ।੧।

ਕਰੈ—ਕੜ੍ਹਦਾ, ਖਿੱਝਦਾ । ਰੋਵਨਹਾਰਾ—ਗਿਲਾ ਕਰਨ ਵਾਲਾ । ਅਵਿਗਤੁ—{A0X#q} ਅਦ੍ਰਿਸ਼ਟ । ਅਗੋਚਰੁ—{ਅ-ਗੋ-ਚਰੁ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ । ਸਲਾਮਤਿ—ਕਾਇਮ ।੧।ਰਹਾਉ।

ਦਾਸਰਾ—ਸੇਵਕ, ਗ਼ਰੀਬ ਜਿਹਾ ਸੇਵਕ । ਕਾਣਿ—ਮੁਥਾਜੀ । ਮੀਰਾ—ਪਾਤਿਸ਼ਾਹ । ਆਣਿ—ਇੱਜ਼ਤ ।੨।

ਲਉਡਾ—ਦਾਸ, ਸੇਵਕ । ਪ੍ਰਭਿ—ਪ੍ਰਭੂ ਨੇ । ਅਜਾਤਿ—ਉੱਚੀ ਜਾਤਿ ਆਦਿਕ ਦੇ ਅਹੰਕਾਰ ਤੋਂ ਰਹਿਤ । ਤਾਤਿ—ਈਰਖਾ ।੩।

ਵੇਮੁਹਤਾਜਾ—ਬੇ-ਮੁਥਾਜ । ਗੁਰ—ਸਭ ਤੋਂ ਵੱਡਾ । ਵਾਹੁ—ਧੰਨ ਧੰਨ ।੪।

ਅਰਥ:- ਹੇ ਭਾਈ! ਜਿਸ ਮਨੁੱਖ ਨੂੰ ਇਹ ਨਿਸਚਾ ਹੋ ਜਾਂਦਾ ਹੈ ਕਿ ਅਬਿਨਾਸੀ ਅਦ੍ਰਿਸ਼ ਤੇ ਅਪਹੁੰਚ ਪਰਮਾਤਮਾ ਸਾਡੇ ਸਿਰ ਉਤੇ ਸਦਾ-ਕਾਇਮ ਰਹਿਣ ਵਾਲਾ ਖਸਮ ਕਾਇਮ ਹੈ ਉਸ ਦਾ ਮਨ ਕਦੇ ਖਿੱਝਦਾ ਨਹੀਂ ਕਦੇ ਝੁਰਦਾ ਨਹੀਂ ਕਦੇ ਗਿਲੇ ਗੁਜ਼ਾਰੀਆਂ ਨਹੀਂ ਕਰਦਾ ।੧।ਰਹਾਉ।

ਹੇ ਭਾਈ! ਪਰਮਾਤਮਾ ਸਭ ਜੀਵਾਂ ਦੇ ਨੇੜੇ ਵੱਸਦਾ ਹੈ ਸਦਾ ਸਭਨਾਂ ਦੇ ਅੰਗ-ਸੰਗ ਰਹਿੰਦਾ ਹੈ, ਉਸੇ ਦੀ ਹੀ ਕਲਾ ਸਭ ਰੂਪਾਂ ਵਿਚ ਸਭ ਰੰਗਾਂ ਵਿਚ ਕੰਮ ਕਰ ਰਹੀ ਹੈ ।੧।

ਹੇ ਪ੍ਰਭੂ! ਤੇਰੇ ਨਿੱਕੇ ਜਿਹੇ ਸੇਵਕ ਨੂੰ ਭੀ ਕਿਸੇ ਦੀ ਮੁਥਾਜੀ ਨਹੀਂ ਰਹਿੰਦੀ (ਹੇ ਭਾਈ!) ਜਿਸ ਸੇਵਕ ਦੀ ਇੱਜ਼ਤ ਪ੍ਰਭੂ-ਪਾਤਿਸ਼ਾਹ ਆਪ ਰੱਖੇ (ਉਹ ਕਿਸੇ ਦੀ ਮੁਥਾਜੀ ਕਰੇ ਭੀ ਕਿਉਂ?) ।੨।

(ਹੇ ਭਾਈ!) ਜਿਸ ਸੇਵਕ ਨੂੰ ਪਰਮਾਤਮਾ ਨੇ ਉੱਚੀ ਜਾਤਿ ਆਦਿਕ ਦੇ ਅਹੰਕਾਰ ਤੋਂ ਰਹਿਤ ਕਰ ਦਿੱਤਾ, ਉਸ ਨੂੰ ਕਿਸੇ ਦੀ ਈਰਖਾ ਦਾ ਡਰ ਨਹੀਂ ਰਹਿੰਦਾ ।੩।

ਹੇ ਦਾਸ ਨਾਨਕ! (ਆਖ—ਹੇ ਭਾਈ!) ਉਸ ਸਭ ਤੋਂ ਵੱਡੇ ਪਰਮਾਤਮਾ ਨੂੰ ਹੀ ਧੰਨ ਧੰਨ ਆਖਦੇ ਰਹੋ ਜੋ ਬੇ-ਪਰਵਾਹ ਹੈ ਜਿਸ ਨੂੰ ਕਿਸੇ ਦੀ ਮੁਥਾਜੀ ਨਹੀਂ ।੪।੨੧।

ਆਸਾ ਮਹਲਾ ੫ ॥ ਹਰਿ ਰਸੁ ਛੋਡਿ ਹੋਛੈ ਰਸਿ ਮਾਤਾ ॥ ਘਰ ਮਹਿ ਵਸਤੁ ਬਾਹਰਿ ਉਠਿ ਜਾਤਾ ॥੧॥ ਸੁਨੀ ਨ ਜਾਈ ਸਚੁ ਅੰਮ੍ਰਿਤ ਕਾਥਾ ॥ ਰਾਰਿ ਕਰਤ ਝੂਠੀ ਲਗਿ ਗਾਥਾ ॥੧॥ ਰਹਾਉ ॥ ਵਜਹੁ ਸਾਹਿਬ ਕਾ ਸੇਵ ਬਿਰਾਨੀ ॥ ਐਸੇ ਗੁਨਹ ਅਛਾਦਿਓ ਪ੍ਰਾਨੀ ॥੨॥ ਤਿਸੁ ਸਿਉ ਲੂਕ ਜੋ ਸਦ ਹੀ ਸੰਗੀ ॥ ਕਾਮਿ ਨ ਆਵੈ ਸੋ ਫਿਰਿ ਫਿਰਿ ਮੰਗੀ ॥੩॥ ਕਹੁ ਨਾਨਕ ਪ੍ਰਭ ਦੀਨ ਦਇਆਲਾ ॥ ਜਿਉ ਭਾਵੈ ਤਿਉ ਕਰਿ ਪ੍ਰਤਿਪਾਲਾ ॥੪॥੨੨॥ {ਪੰਨਾ 376}

ਪਦਅਰਥ:- ਛੋਡਿ—ਛੱਡ ਕੇ । ਹੋਛੈ ਰਸਿ—ਉਸ ਰਸ ਵਿਚ ਜੋ ਛੇਤੀ ਮੁੱਕ ਜਾਂਦਾ ਹੈ । ਹੋਛਾ—ਛੇਤੀ ਮੁੱਕ ਜਾਣ ਵਾਲਾ । ਮਾਤਾ—ਮਸਤ । ਵਸਤੁ—ਚੀਜ਼ । ਘਰ—ਹਿਰਦਾ । ਉਠਿ—ਉੱਠ ਕੇ ।੧।

ਸੁਨੀ ਨ ਜਾਈ—ਸੁਣੀ ਨਹੀਂ ਜਾ ਸਕਦੀ, ਸੁਣਨੀ ਪਸੰਦ ਨਹੀਂ ਕਰਦਾ । ਸਚੁ—ਸਦਾ-ਥਿਰ ਪ੍ਰਭੂ ਦਾ ਨਾਮ । ਅੰਮ੍ਰਿਤ ਕਾਥਾ—ਪ੍ਰਭੂ ਦੀਆਂ ਆਤਮਕ ਜੀਵਨ ਦੇਣ ਵਾਲੀਆਂ ਸਿਫ਼ਤਿ-ਸਾਲਾਹ ਦੀਆਂ ਗੱਲਾਂ । ਰਾਰਿ—ਝਗੜਾ । ਝੂਠੀ ਗਾਥਾ ਲਗਿ—ਝੂਠੀਆਂ ਗੱਲਾਂ ਵਿਚ ਲੱਗ ਕੇ ।੧।ਰਹਾਉ।

ਵਜਹੁ—ਵਜ਼ੀਫ਼ਾ, ਰੁਜ਼ੀਨਾ, ਤਨਖ਼ਾਹ । ਬਿਰਾਨੀ—ਬਿਗਾਨੀ, ਕਿਸੇ ਹੋਰ ਦੀ । ਅਛਾਦਿਓ—ਢੱਕਿਆ ਹੋਇਆ ।੨।

ਲੂਕ—ਲੁਕਾਉ, ਓਹਲਾ । ਸੰਗੀ—ਸਾਥੀ । ਕਾਮਿ—ਕੰਮ ਵਿਚ ।੩।

ਪ੍ਰਭ—ਹੇ ਪ੍ਰਭੂ! ਪ੍ਰਤਿਪਾਲਾ—ਰਾਖੀ, ਹਿਫ਼ਾਜ਼ਤ ।੪।

ਅਰਥ:- (ਹੇ ਭਾਈ! ਜੀਵ ਅਜੇਹਾ ਵਿਕਾਰਾਂ ਹੇਠ ਦਬਿਆ ਰਹਿੰਦਾ ਹੈ ਕਿ ਇਹ) ਸਦਾ-ਥਿਰ ਪਰਮਾਤਮਾ ਦਾ ਨਾਮ ਸੁਣਨਾ ਪਸੰਦ ਨਹੀਂ ਕਰਦਾ, ਆਤਮਕ ਜੀਵਨ ਦੇਣ ਵਾਲੀਆਂ ਸਿਫ਼ਤਿ-ਸਾਲਾਹ ਦੀਆਂ ਗੱਲਾਂ ਸੁਣਨੀਆਂ ਪਸੰਦ ਨਹੀਂ ਕਰਦਾ, ਪਰ ਝੂਠੀ (ਕਿਸੇ ਕੰਮ ਨਾਹ ਆਉਣ ਵਾਲੀ) ਕਥਾ-ਕਹਾਣੀ ਵਿਚ ਲੱਗ ਕੇ (ਹੋਰਨਾਂ ਨਾਲ) ਝਗੜਾ-ਬਖੇੜਾ ਕਰਦਾ ਰਹਿੰਦਾ ਹੈ ।੧।ਰਹਾਉ।

(ਹੇ ਭਾਈ! ਵਿਕਾਰਾਂ ਹੇਠ ਦਬਿਆ ਮਨੁੱਖ) ਪਰਾਮਤਮਾ ਦਾ ਨਾਮ-ਰਸ ਛੱਡ ਕੇ (ਦੁਨੀਆ ਦੇ ਪਦਾਰਥਾਂ ਦੇ) ਰਸ ਵਿਚ ਮਸਤ ਰਹਿੰਦਾ ਹੈ ਜੋ ਮੁੱਕ ਭੀ ਛੇਤੀ ਹੀ ਜਾਂਦਾ ਹੈ, (ਸੁਖ ਦੇਣ ਵਾਲੀ) ਨਾਮ-ਵਸਤ (ਇਸ-ਦੇ) ਹਿਰਦੇ-ਘਰ ਵਿਚ ਮੌਜੂਦ ਹੈ (ਪਰ ਸੁਖ ਦੀ ਖ਼ਾਤਰ ਦੁਨੀਆ ਦੇ ਪਦਾਰਥਾਂ ਦੀ ਖ਼ਾਤਰ) ਬਾਹਰ ਉਠ ਉਠ ਦੌੜਦਾ ਹੈ ।੧।

(ਹੇ ਭਾਈ!) ਮਨੁੱਖ ਵਿਕਾਰਾਂ ਹੇਠ ਇਉਂ ਦਬਿਆ ਰਹਿੰਦਾ ਹੈ ਕਿ ਖਾਂਦਾ ਤਾਂ ਹੈ ਮਾਲਕ-ਪ੍ਰਭੂ ਦਾ ਦਿੱਤਾ ਹੋਇਆ, ਪਰ ਸੇਵਾ ਕਰਦਾ ਹੈ ਬਿਗਾਨੀ (ਮਾਲਕ-ਪ੍ਰਭੂ ਨੂੰ ਯਾਦ ਕਰਨ ਦੇ ਥਾਂ ਸਦਾ ਮਾਇਆ ਦੀਆਂ ਸੋਚਾਂ ਸੋਚਦਾ ਹੈ) ।੨।

ਜੇਹੜਾ ਪਰਮਾਤਮਾ ਸਦਾ ਹੀ (ਜੀਵ ਦੇ ਨਾਲ) ਸਾਥੀ ਹੈ ਉਸ ਤੋਂ ਓਹਲਾ ਕਰਦਾ ਹੈ, ਜੇਹੜੀ ਚੀਜ਼ (ਆਖ਼ਿਰ ਕਿਸੇ) ਕੰਮ ਨਹੀਂ ਆਉਣੀ, ਉਹੀ ਮੁੜ ਮੁੜ ਮੰਗਦਾ ਰਹਿੰਦਾ ਹੈ ।੩।

ਹੇ ਨਾਨਕ! ਆਖ—ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ! ਜਿਵੇਂ ਹੋ ਸਕੇ (ਵਿਕਾਰਾਂ ਅਤੇ ਮਾਇਆ ਦੇ ਮੋਹ ਦੇ ਦਬਾਉ ਤੋਂ ਜੀਵਾਂ ਦੀ) ਰਾਖੀ ਕਰ ।੪।੨੨।

ਆਸਾ ਮਹਲਾ ੫ ॥ ਜੀਅ ਪ੍ਰਾਨ ਧਨੁ ਹਰਿ ਕੋ ਨਾਮੁ ॥ ਈਹਾ ਊਹਾਂ ਉਨ ਸੰਗਿ ਕਾਮੁ ॥੧॥ ਬਿਨੁ ਹਰਿ ਨਾਮ ਅਵਰੁ ਸਭੁ ਥੋਰਾ ॥ ਤ੍ਰਿਪਤਿ ਅਘਾਵੈ ਹਰਿ ਦਰਸਨਿ ਮਨੁ ਮੋਰਾ ॥੧॥ ਰਹਾਉ ॥ ਭਗਤਿ ਭੰਡਾਰ ਗੁਰਬਾਣੀ ਲਾਲ ॥ ਗਾਵਤ ਸੁਨਤ ਕਮਾਵਤ ਨਿਹਾਲ ॥੨॥ ਚਰਣ ਕਮਲ ਸਿਉ ਲਾਗੋ ਮਾਨੁ ॥ ਸਤਿਗੁਰਿ ਤੂਠੈ ਕੀਨੋ ਦਾਨੁ ॥੩॥ ਨਾਨਕ ਕਉ ਗੁਰਿ ਦੀਖਿਆ ਦੀਨ੍ ॥ ਪ੍ਰਭ ਅਬਿਨਾਸੀ ਘਟਿ ਘਟਿ ਚੀਨ੍ ॥੪॥੨੩॥ {ਪੰਨਾ 376}

ਪਦਅਰਥ:- ਜੀਅ ਧਨੁ—ਜਿੰਦ ਦਾ ਧਨ । ਪ੍ਰਾਨ ਧਨੁ—ਪ੍ਰਾਣਾਂ ਲਈ ਧਨ । ਕੋ—ਦਾ । ਈਹਾ—ਇਸ ਲੋਕ ਵਿਚ । ਊਹਾਂ—ਪਰਲੋਕ ਵਿਚ । ਉਨ ਸੰਗਿ—ਉਹਨਾਂ (ਜਿੰਦ ਤੇ ਪ੍ਰਾਣਾਂ) ਦੇ ਨਾਲ । ਕਾਮੁ—ਕੰਮ ।੧।

ਥੋਰ—ਥੋੜ੍ਹਾ, ਘਾਟੇਵੰਦਾ । ਤ੍ਰਿਪਤਿ ਅਘਾਵੈ—ਰੱਜ ਜਾਂਦਾ ਹੈ । ਦਰਸਨਿ—ਦਰਸਨ ਨਾਲ । ਮੋਰਾ—ਮੇਰਾ

।੧।ਰਹਾਉ।

ਭੰਡਾਰ—ਖ਼ਜ਼ਾਨੇ । ਨਿਹਾਲ—ਪ੍ਰਸੰਨ ।੨।

ਸਿਉ—ਨਾਲ । ਮਾਨੁ—ਮਨ । ਸਤਿਗੁਰਿ ਤੁਠੈ—ਪ੍ਰਸੰਨ ਹੋਏ ਗੁਰੂ ਨੇ ।੩।

ਕਉ—ਨੂੰ । ਗੁਰਿ—ਗੁਰੂ ਨੇ । ਦੀਖਿਆ—ਸਿੱਖਿਆ । ਘਟਿ ਘਟਿ—ਹਰੇਕ ਘਟ ਵਿਚ । ਚੀਨ੍ਹ—ਵੇਖ ਲਿਆ ।੪।

ਅਰਥ:- ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਸਾਰਾ (ਧਨ ਪਦਾਰਥ) ਘਾਟੇਵੰਦਾ ਹੀ ਹੈ । (ਹੇ ਭਾਈ!) ਮੇਰਾ ਮਨ ਪਰਮਾਤਮਾ ਦੇ ਦਰਸ਼ਨ ਦੀ ਬਰਕਤਿ ਨਾਲ (ਦੁਨੀਆ ਦੇ ਧਨ ਪਦਾਰਥ ਵਲੋਂ) ਰੱਜ ਗਿਆ ਹੈ ।੧।

(ਹੇ ਭਾਈ!) ਜਿੰਦ ਵਾਸਤੇ ਪ੍ਰਾਣਾਂ ਵਾਸਤੇ ਪਰਮਾਤਮਾ ਦਾ ਨਾਮ (ਹੀ ਅਸਲ) ਧਨ ਹੈ, (ਇਹ ਧਨ) ਇਸ ਲੋਕ ਵਿਚ ਭੀ ਤੇ ਪਰਲੋਕ ਵਿਚ ਭੀ ਪ੍ਰਾਣਾਂ ਦੇ ਨਾਲ ਕੰਮ (ਦੇਂਦਾ ਹੈ) ।੧।

(ਹੇ ਭਾਈ!) ਪਰਮਾਤਮਾ ਦੀ ਭਗਤੀ ਸਤਿਗੁਰੂ ਦੀ ਬਾਣੀ (ਮਾਨੋ) ਲਾਲਾਂ ਦੇ ਖ਼ਜ਼ਾਨੇ ਹਨ । (ਗੁਰਬਾਣੀ) ਗਾਂਦਿਆਂ ਸੁਣਦਿਆਂ ਤੇ ਕਮਾਂਦਿਆਂ ਮਨ ਸਦਾ ਖਿੜਿਆ ਰਹਿੰਦਾ ਹੈ ।੨।

(ਹੇ ਭਾਈ!) ਦਇਆਵਾਨ ਹੋਏ ਸਤਿਗੁਰੂ ਨੇ ਜਿਸ ਮਨੁੱਖ ਨੂੰ ਪਰਮਾਤਮਾ ਦੇ ਨਾਮ-ਧਨ ਦੀ ਦਾਤਿ ਦਿੱਤੀ, ਉਸ ਦਾ ਮਨ ਪਰਮਾਤਮਾ ਦੇ ਸੋਹਣੇ ਚਰਨਾਂ ਨਾਲ ਜੁੜ ਗਿਆ ।੩।

ਹੇ ਨਾਨਕ! ਜਿਸ ਮਨੁੱਖ ਨੂੰ ਗੁਰੂ ਨੇ ਸਿੱਖਿਆ ਦਿੱਤੀ, ਉਸ ਨੇ ਅਬਿਨਾਸ਼ੀ ਪਰਮਾਤਮਾ ਨੂੰ ਹਰੇਕ ਹਿਰਦੇ ਵਿਚ (ਵੱਸਦਾ) ਵੇਖ ਲਿਆ ।੪।੨੩।

ਆਸਾ ਮਹਲਾ ੫ ॥ ਅਨਦ ਬਿਨੋਦ ਭਰੇਪੁਰਿ ਧਾਰਿਆ ॥ ਅਪੁਨਾ ਕਾਰਜੁ ਆਪਿ ਸਵਾਰਿਆ ॥੧॥ ਪੂਰ ਸਮਗ੍ਰੀ ਪੂਰੇ ਠਾਕੁਰ ਕੀ ॥ ਭਰਿਪੁਰਿ ਧਾਰਿ ਰਹੀ ਸੋਭ ਜਾ ਕੀ ॥੧॥ ਰਹਾਉ ॥ ਨਾਮੁ ਨਿਧਾਨੁ ਜਾ ਕੀ ਨਿਰਮਲ ਸੋਇ ॥ ਆਪੇ ਕਰਤਾ ਅਵਰੁ ਨ ਕੋਇ ॥੨॥ ਜੀਅ ਜੰਤ ਸਭਿ ਤਾ ਕੈ ਹਾਥਿ ॥ ਰਵਿ ਰਹਿਆ ਪ੍ਰਭੁ ਸਭ ਕੈ ਸਾਥਿ ॥੩॥ ਪੂਰਾ ਗੁਰੁ ਪੂਰੀ ਬਣਤ ਬਣਾਈ ॥ ਨਾਨਕ ਭਗਤ ਮਿਲੀ ਵਡਿਆਈ ॥੪॥੨੪॥ {ਪੰਨਾ 376}

ਪਦਅਰਥ:- ਬਿਨੋਦ—ਕੌਤਕ, ਤਮਾਸ਼ੇ । ਭਰੇਪੁਰਿ—ਭਰਪੂਰ ਪ੍ਰਭੂ ਨੇ, ਸਰਬ-ਵਿਆਪਕ ਪਰਮਾਤਮਾ ਨੇ । ਧਾਰਿਆ—ਧਾਰੇ ਹਨ, ਰਚੇ ਹਨ । ਕਾਰਜੁ—ਕੀਤਾ ਹੋਇਆ ਜਗਤ, ਰਚਿਆ ਹੋਇਆ ਸੰਸਾਰ ।੧।

ਪੂਰ ਸਮਗ੍ਰੀ—ਸਾਰੇ ਜਗਤ ਦੇ ਪਦਾਰਥ । ਭਰਿਪੁਰਿ—ਭਰਪੂਰ, ਹਰ ਥਾਂ । ਧਾਰਿ ਰਹੀ—ਖਿੱਲਰ ਰਹੀ ਹੈ । ਸੋਭ—ਸੋਭਾ । ਜਾ ਕੀ—ਜਿਸ (ਠਾਕੁਰ) ਦੀ ।੧।ਰਹਾਉ।

ਨਿਧਾਨੁ—ਖ਼ਜ਼ਾਨਾ । ਸੋਇ—ਸੋਭਾ, ਵਡਿਆਈ । ਨਿਰਮਲ—ਪਵਿਤ੍ਰ ਕਰਨ ਵਾਲੀ । ਆਪੇ—ਆਪ ਹੀ ।੧।

ਜੀਅ—{ਲਫ਼ਜ਼ 'ਜੀਉ' ਤੋਂ ਬਹੁ-ਵਚਨ} । ਸਭਿ—ਸਾਰੇ । ਕੈ ਹਾਥਿ—ਦੇ ਹੱਥ ਵਿਚ । ਰਵਿ ਰਹਿਆ—ਮੌਜੂਦ ਹੈ, ਵੱਸ ਰਿਹਾ ਹੈ । ਸਾਥਿ—ਨਾਲ ।੩।

ਗੁਰ—ਸਭ ਤੋਂ ਵੱਡਾ । ਪੂਰੀ—ਜਿਸ ਵਿਚ ਕੋਈ ਉਕਾਈ ਨਹੀਂ । ਭਗਤ—ਭਗਤਾਂ ਨੂੰ ।੪।

ਅਰਥ:- ਜਿਸ ਪਰਮਾਤਮਾ ਦੀ ਸੋਭਾ-ਵਡਿਆਈ (ਸਾਰੇ ਸੰਸਾਰ ਵਿਚ) ਹਰ ਥਾਂ ਖਿੱਲਰ ਰਹੀ ਹੈ, ਇਹ ਸਾਰੇ

ਜਗਤ-ਪਦਾਰਥ ਉਸ ਅਭੁੱਲ ਪਰਮਾਤਮਾ ਦੇ ਹੀ ਬਣਾਏ ਹੋਏ ਹਨ ।੧।ਰਹਾਉ।

ਜਗਤ ਦੇ ਸਾਰੇ ਕੌਤਕ-ਤਮਾਸ਼ੇ ਉਸ ਸਰਬ-ਵਿਆਪਕ ਪਰਮਾਤਮਾ ਦੇ ਹੀ ਰਚੇ ਹੋਏ ਹਨ, ਆਪਣੇ ਰਚੇ ਹੋਏ ਸੰਸਾਰ ਨੂੰ ਉਸ ਨੇ ਆਪ ਹੀ (ਇਹਨਾਂ ਕੌਤਕ-ਤਮਾਸ਼ਿਆਂ ਨਾਲ) ਸੋਹਣਾ ਬਣਾਇਆ ਹੈ ।੧।

ਜਿਸ (ਪਰਮਾਤਮਾ) ਦੀ (ਕੀਤੀ ਹੋਈ) ਸਿਫ਼ਤਿ-ਸਾਲਾਹ (ਸਾਰੇ ਜੀਵਾਂ ਨੂੰ) ਪਵਿਤ੍ਰ ਜੀਵਨ ਵਾਲਾ ਬਣਾ ਦੇਂਦੀ ਹੈ, ਜਿਸ ਦਾ ਨਾਮ (ਸਾਰੇ ਜੀਵਾਂ ਵਾਸਤੇ) ਖ਼ਜ਼ਾਨਾ ਹੈ ਉਹ ਆਪ ਹੀ ਸਭ ਦੇ ਪੈਦਾ ਕਰਨ ਵਾਲਾ ਹੈ, ਉਸ ਦੇ ਬਰਾਬਰ ਦਾ ਹੋਰ ਕੋਈ ਨਹੀਂ ।੨।

(ਹੇ ਭਾਈ! ਜਗਤ ਦੇ) ਸਾਰੇ ਜੀਅ ਜੰਤ ਉਸ ਪਰਮਾਤਮਾ ਦੇ ਹੀ ਹੱਥ ਵਿਚ ਹਨ, ਉਹ ਪਰਮਾਤਮਾ ਸਭ ਥਾਈਂ ਵੱਸ ਰਿਹਾ ਹੈ, ਹਰੇਕ ਜੀਵ ਦੇ ਅੰਗ-ਸੰਗ ਵੱਸਦਾ ਹੈ ।੩।

ਹੇ ਨਾਨਕ! ਪਰਮਾਤਮਾ ਸਭ ਤੋਂ ਵੱਡਾ ਹੈ ਉਸ ਵਿਚ ਕੋਈ ਉਕਾਈ ਨਹੀਂ ਹੈ ਉਸ ਦੀ ਬਣਾਈ ਹੋਈ ਰਚਨਾ ਭੀ ਉਕਾਈ-ਹੀਣ ਹੈ, ਪਰਮਾਤਮਾ ਦੀ ਭਗਤੀ ਕਰਨ ਵਾਲਿਆਂ ਨੂੰ (ਲੋਕ ਪਰਲੋਕ ਵਿਚ) ਆਦਰ ਮਿਲਦਾ ਹੈ ।੪।੨੪।

ਆਸਾ ਮਹਲਾ ੫ ॥ ਗੁਰ ਕੈ ਸਬਦਿ ਬਨਾਵਹੁ ਇਹੁ ਮਨੁ ॥ ਗੁਰ ਕਾ ਦਰਸਨੁ ਸੰਚਹੁ ਹਰਿ ਧਨੁ ॥੧॥ ਊਤਮ ਮਤਿ ਮੇਰੈ ਰਿਦੈ ਤੂੰ ਆਉ ॥ ਧਿਆਵਉ ਗਾਵਉ ਗੁਣ ਗੋਵਿੰਦਾ ਅਤਿ ਪ੍ਰੀਤਮ ਮੋਹਿ ਲਾਗੈ ਨਾਉ ॥੧॥ ਰਹਾਉ ॥ ਤ੍ਰਿਪਤਿ ਅਘਾਵਨੁ ਸਾਚੈ ਨਾਇ ॥ ਅਠਸਠਿ ਮਜਨੁ ਸੰਤ ਧੂਰਾਇ ॥੨॥ ਸਭ ਮਹਿ ਜਾਨਉ ਕਰਤਾ ਏਕ ॥ ਸਾਧਸੰਗਤਿ ਮਿਲਿ ਬੁਧਿ ਬਿਬੇਕ ॥੩॥ ਦਾਸੁ ਸਗਲ ਕਾ ਛੋਡਿ ਅਭਿਮਾਨੁ ॥ ਨਾਨਕ ਕਉ ਗੁਰਿ ਦੀਨੋ ਦਾਨੁ ॥੪॥੨੫॥ {ਪੰਨਾ 377}

ਪਦਅਰਥ:- ਸਬਦਿ—ਸ਼ਬਦ ਦੀ ਰਾਹੀਂ । ਬਨਾਵਹੁ—ਨਵੇਂ ਸਿਰੇ ਘੜੋ, ਸੋਹਣਾ ਬਣਾ ਲਵੋ । ਸੰਚਹੁ—ਇਕੱਠਾ ਕਰੋ ।੧।

ਮਤਿ—ਹੇ ਮਤਿ! ਮੇਰੈ ਰਿਦੈ—ਮੇਰੇ ਹਿਰਦੇ ਵਿਚ, ਮੇਰੇ ਅੰਦਰ । ਧਿਆਵਉ—ਮੈਂ ਧਿਆਵਾਂ । ਗਾਵਉ—ਮੈਂ ਗਾਵਾਂ । ਅਤਿ ਪ੍ਰੀਤਮ—ਬਹੁਤ ਪਿਆਰਾ । ਮੋਹਿ—ਮੈਨੂੰ ।੧।ਰਹਾਉ।

ਤ੍ਰਿਪਤਿ—ਰੱਜ । ਅਘਾਵਨੁ—ਰੱਜ । ਨਾਇ—ਨਾਮ ਦੀ ਰਾਹੀਂ । ਅਠਸਠਿ—ਅਠਾਹਠ । ਮਜਨੁ—ਇਸ਼ਨਾਨ । ਧੂਰਾਇ—ਧੂੜ ।੨।

ਜਾਨਉ—ਮੈਂ ਜਾਣਦਾ ਹਾਂ, ਜਾਨਉਂ । ਮਿਲਿ—ਮਿਲ ਕੇ । ਬਿਬੇਕ—ਚੰਗੇ ਮੰਦੇ ਦੀ ਪਰਖ ।੩।

ਕਉ—ਨੂੰ । ਗੁਰਿ—ਗੁਰੂ ਨੇ ।੪।

ਅਰਥ:- ਹੇ ਸ੍ਰੇਸ਼ਟ ਮਤਿ! (ਜੇ ਗੁਰੂ ਮੇਹਰ ਕਰੇ ਤਾਂ) ਤੂੰ ਮੇਰੇ ਅੰਦਰ ਆ ਵੱਸ ਤਾ ਕਿ ਮੈਂ ਪਰਮਾਤਮਾ ਦੇ ਗੁਣ ਗਾਵਾਂ ਪਰਮਾਤਮਾ ਦਾ ਧਿਆਨ ਧਰਾਂ ਤੇ ਪਰਮਾਤਮਾ ਦਾ ਨਾਮ ਮੈਨੂੰ ਬਹੁਤ ਪਿਆਰਾ ਲੱਗ ਪਏ ।੧।ਰਹਾਉ।

(ਹੇ ਭਾਈ!) ਗੁਰੂ ਦੇ ਸ਼ਬਦ ਵਿਚ ਜੁੜ ਕੇ (ਆਪਣੇ) ਇਸ ਮਨ ਨੂੰ ਨਵੇਂ ਸਿਰੇ ਘੜੋ । (ਗੁਰੂ ਦਾ ਸ਼ਬਦ ਹੀ) ਗੁਰੂ ਦਾ ਦੀਦਾਰ ਹੈ (ਇਸ ਸ਼ਬਦ ਦੀ ਬਰਕਤਿ ਨਾਲ) ਪਰਮਾਤਮਾ ਦਾ ਨਾਮ-ਧਨ ਇਕੱਠਾ ਕਰੋ ।੧।

(ਹੇ ਭਾਈ!) ਗੁਰੂ ਦੇ ਚਰਨਾਂ ਦੀ ਧੂੜ ਅਠਾਹਠ ਤੀਰਥਾਂ ਦਾ ਇਸ਼ਨਾਨ ਹੈ । (ਗੁਰੂ ਦੀ ਰਾਹੀਂ) ਸਦਾ ਕਾਇਮ

ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ ਜੁੜਿਆਂ ਤ੍ਰਿਸ਼ਨਾ ਮੁੱਕ ਜਾਂਦੀ ਹੈ ਮਨ ਰੱਜ ਜਾਂਦਾ ਹੈ ।੨।

(ਹੇ ਭਾਈ!) ਗੁਰੂ ਦੀ ਸੰਗਤਿ ਵਿਚ ਮਿਲ ਕੇ ਮੈਂ ਚੰਗੇ ਮੰਦੇ ਦੀ ਪਰਖ ਕਰਨ ਵਾਲੀ ਅਕਲ ਪ੍ਰਾਪਤ ਕਰ ਲਈ ਹੈ ਤੇ ਮੈਂ ਹੁਣ ਸਭਨਾਂ ਵਿਚ ਇਕ ਕਰਤਾਰ ਨੂੰ ਹੀ ਵੱਸਦਾ ਪਛਾਣਦਾ ਹਾਂ ।੩।

(ਹੇ ਭਾਈ! ਮੈਨੂੰ) ਨਾਨਕ ਨੂੰ ਗੁਰੂ ਨੇ (ਬਿਬੇਕ ਬੁਧਿ ਦੀ ਅਜੇਹੀ) ਦਾਤਿ ਬਖ਼ਸ਼ੀ ਹੈ ਕਿ ਮੈਂ ਅਹੰਕਾਰ ਛੱਡ ਕੇ ਸਭਨਾਂ ਦਾ ਦਾਸ ਬਣ ਗਿਆ ਹਾਂ ।੪।੨੫।

ਆਸਾ ਮਹਲਾ ੫ ॥ ਬੁਧਿ ਪ੍ਰਗਾਸ ਭਈ ਮਤਿ ਪੂਰੀ ॥ ਤਾ ਤੇ ਬਿਨਸੀ ਦੁਰਮਤਿ ਦੂਰੀ ॥੧॥ ਐਸੀ ਗੁਰਮਤਿ ਪਾਈਅਲੇ ॥ ਬੂਡਤ ਘੋਰ ਅੰਧ ਕੂਪ ਮਹਿ ਨਿਕਸਿਓ ਮੇਰੇ ਭਾਈ ਰੇ ॥੧॥ ਰਹਾਉ ॥ ਮਹਾ ਅਗਾਹ ਅਗਨਿ ਕਾ ਸਾਗਰੁ ॥ ਗੁਰੁ ਬੋਹਿਥੁ ਤਾਰੇ ਰਤਨਾਗਰੁ ॥੨॥ ਦੁਤਰ ਅੰਧ ਬਿਖਮ ਇਹ ਮਾਇਆ ॥ ਗੁਰਿ ਪੂਰੈ ਪਰਗਟੁ ਮਾਰਗੁ ਦਿਖਾਇਆ ॥੩॥ ਜਾਪ ਤਾਪ ਕਛੁ ਉਕਤਿ ਨ ਮੋਰੀ ॥ ਗੁਰ ਨਾਨਕ ਸਰਣਾਗਤਿ ਤੋਰੀ ॥੪॥੨੬॥ {ਪੰਨਾ 377}

ਪਦਅਰਥ:- ਪ੍ਰਗਾਸ—(ਆਤਮਕ ਜੀਵਨ ਦਾ) ਚਾਨਣ । ਪੂਰੀ—ਉਕਾਈਹੀਣ । ਤਾ ਤੇ—ਉਸ ਤੋਂ, ਉਸ ਦੀ ਸਹਾਇਤਾ ਨਾਲ । ਦੂਰੀ—ਵਿੱਥ ।੧।

ਪਾਈਅਲੇ—ਮੈਂ ਪ੍ਰਾਪਤ ਕੀਤੀ ਹੈ । ਬੂਡਤ—ਡੁੱਬਦਾ । ਘੋਰ ਅੰਧ—ਘੁੱਪ ਹਨੇਰਾ । ਕੂਪ—ਖੂਹ ।੧।ਰਹਾਉ।

ਅਗਾਹ—ਜਿਸ ਦੀ ਡੂੰਘਾਈ ਨਾਹ ਲੱਭ ਸਕੇ, ਜੋ ਗਾਹਿਆ ਨਾਹ ਜਾ ਸਕੇ । ਸਾਗਰੁ—ਸਮੁੰਦਰ । ਬੋਹਿਥੁ—ਜਹਾਜ਼ । ਰਤਨਾਗਰੁ—ਰਤਨਾਕਰ, ਰਤਨ-ਆਕਰ, ਰਤਨਾਂ ਦੀ ਖਾਣ ।੨।

ਦੁਤਰ—ਦੁੱਤਰ, {d0̂qr} ਜਿਸ ਤੋਂ ਪਾਰ ਲੰਘਣਾ ਔਖਾ ਹੈ । ਬਿਖਮ—ਔਖਾ । ਗੁਰਿ—ਗੁਰੂ ਨੇ । ਮਾਰਗੁ—ਰਸਤਾ । ਪਰਗਟੁ—ਸਾਫ਼ ।੩।

ਉਕਤਿ—ਦਲੀਲ । ਮੋਰੀ—ਮੇਰੀ, ਮੇਰੇ ਪਾਸ । ਗੁਰ—ਹੇ ਗੁਰੂ! ।੪।

ਅਰਥ:- ਹੇ ਮੇਰੇ ਵੀਰ! ਮੈਂ ਗੁਰੂ ਪਾਸੋਂ ਅਜੇਹੀ ਮਤਿ ਪ੍ਰਾਪਤ ਕਰ ਲਈ ਹੈ ਜਿਸ ਦੀ ਸਹਾਇਤਾ ਨਾਲ ਮੈਂ ਮਾਇਆ ਦੇ ਘੁੱਪ ਹਨੇਰੇ ਖੂਹ ਵਿਚੋਂ ਡੁਬਦਾ ਡੁਬਦਾ ਬਚ ਨਿਕਲਿਆ ਹਾਂ ।੧।ਰਹਾਉ।

(ਹੇ ਭਾਈ! ਗੁਰੂ ਦੀ ਕਿਰਪਾ ਨਾਲ ਮੇਰੀ) ਬੁੱਧੀ ਵਿਚ (ਆਤਮਕ ਜੀਵਨ ਦਾ) ਚਾਨਣ ਹੋ ਗਿਆ ਹੈ ਮੇਰੀ ਅਕਲ ਉਕਾਈ-ਹੀਣ ਹੋ ਗਈ ਹੈ, ਇਸ ਦੀ ਸਹਾਇਤਾ ਨਾਲ ਮੇਰੀ ਭੈੜੀ ਮਤਿ ਦਾ ਨਾਸ ਹੋ ਗਿਆ ਹੈ, ਮੇਰੀ ਪਰਮਾਤਮਾ ਨਾਲੋਂ ਵਿੱਥ ਮਿਟ ਗਈ ਹੈ ।੧।

(ਹੇ ਭਾਈ! ਇਹ ਸੰਸਾਰ ਤ੍ਰਿਸ਼ਨਾ ਦੀ) ਅੱਗ ਦਾ ਇਕ ਬੜਾ ਅਥਾਹ ਸਮੁੰਦਰ ਹੈ, ਰਤਨਾਂ ਦੀ ਖਾਣ ਗੁਰੂ (ਮਾਨੋ) ਜਹਾਜ਼ ਹੈ ਜੋ (ਇਸ ਸਮੁੰਦਰ ਵਿਚੋਂ) ਪਾਰ ਲੰਘਾ ਲੈਂਦਾ ਹੈ ।੨।

(ਹੇ ਵੀਰ!) ਇਹ ਮਾਇਆ (ਮਾਨੋ, ਇਕ ਸਮੁੰਦਰ ਹੈ ਜਿਸ ਵਿਚੋਂ) ਪਾਰ ਲੰਘਣਾ ਔਖਾ ਹੈ ਜਿਸ ਵਿਚ ਘੁੱਪ ਹਨੇਰਾ ਹੀ ਹਨੇਰਾ ਹੈ (ਇਸ ਵਿਚੋਂ ਪਾਰ ਲੰਘਣ ਲਈ) ਪੂਰੇ ਗੁਰੂ ਨੇ ਮੈਨੂੰ ਸਾਫ਼ ਰਸਤਾ ਵਿਖਾ ਦਿੱਤਾ ਹੈ ।੩।

ਹੇ ਨਾਨਕ! (ਆਖ—) ਹੇ ਗੁਰੂ! ਮੇਰੇ ਪਾਸ ਕੋਈ ਜਪ ਨਹੀਂ ਕੋਈ ਤਪ ਨਹੀਂ ਕੋਈ ਸਿਆਣਪ ਨਹੀਂ, ਮੈਂ ਤਾਂ

ਤੇਰੀ ਹੀ ਸਰਨ ਆਇਆ ਹਾਂ (ਮੈਨੂੰ ਇਸ ਘੁੱਪ ਹਨੇਰੇ ਖੂਹ ਵਿਚੋਂ ਕੱਢ ਲੈ) ।੪।੨੬।

ਆਸਾ ਮਹਲਾ ੫ ਤਿਪਦੇ ੨ ॥ ਹਰਿ ਰਸੁ ਪੀਵਤ ਸਦ ਹੀ ਰਾਤਾ ॥ ਆਨ ਰਸਾ ਖਿਨ ਮਹਿ ਲਹਿ ਜਾਤਾ ॥ ਹਰਿ ਰਸ ਕੇ ਮਾਤੇ ਮਨਿ ਸਦਾ ਅਨੰਦ ॥ ਆਨ ਰਸਾ ਮਹਿ ਵਿਆਪੈ ਚਿੰਦ ॥੧॥ ਹਰਿ ਰਸੁ ਪੀਵੈ ਅਲਮਸਤੁ ਮਤਵਾਰਾ ॥ ਆਨ ਰਸਾ ਸਭਿ ਹੋਛੇ ਰੇ ॥੧॥ ਰਹਾਉ ॥ ਹਰਿ ਰਸ ਕੀ ਕੀਮਤਿ ਕਹੀ ਨ ਜਾਇ ॥ ਹਰਿ ਰਸੁ ਸਾਧੂ ਹਾਟਿ ਸਮਾਇ ॥ ਲਾਖ ਕਰੋਰੀ ਮਿਲੈ ਨ ਕੇਹ ॥ ਜਿਸਹਿ ਪਰਾਪਤਿ ਤਿਸ ਹੀ ਦੇਹਿ ॥੨॥ ਨਾਨਕ ਚਾਖਿ ਭਏ ਬਿਸਮਾਦੁ ॥ ਨਾਨਕ ਗੁਰ ਤੇ ਆਇਆ ਸਾਦੁ ॥ ਈਤ ਊਤ ਕਤ ਛੋਡਿ ਨ ਜਾਇ ॥ ਨਾਨਕ ਗੀਧਾ ਹਰਿ ਰਸ ਮਾਹਿ ॥੩॥੨੭॥ {ਪੰਨਾ 377}

ਨੋਟ:- ਤਿਪਦੇ ੨—ਤਿੰਨ ਬੰਦਾਂ ਵਾਲੇ ਦੋ ਸ਼ਬਦ ।

ਪਦਅਰਥ:- ਪੀਵਤ—ਪੀਂਦਿਆਂ । ਸਦ—ਸਦਾ । ਰਾਤਾ—ਰੰਗਿਆ ਹੋਇਆ, ਮਸਤ । ਆਨ—{ANX} ਹੋਰ । ਮਾਤੇ—ਮਸਤ, ਮਤਵਾਲੇ । ਮਨਿ—ਮਨ ਵਿਚ । ਵਿਆਪੈ—ਜ਼ੋਰ ਪਾ ਲੈਂਦੀ ਹੈ । ਚਿੰਦ—ਚਿੰਤਾ ।੧।

ਅਲਮਸਤੁ—ਪੂਰਨ ਤੌਰ ਤੇ ਮਸਤ । ਮਤਵਾਰਾ—ਮਤਵਾਲਾ, ਆਸ਼ਿਕ । ਸਭਿ—ਸਾਰੇ । ਹੋਛੇ—ਫਿੱਕੇ ।੧।ਰਹਾਉ।

ਕੀਮਤਿ—ਮੁੱਲ । ਸਾਧੂ ਹਾਟਿ—ਗੁਰੂ ਦੇ ਹੱਟ ਵਿਚ, ਗੁਰੂ ਦੀ ਸੰਗਤਿ ਵਿਚ । ਸਮਾਇ—ਟਿਕਿਆ ਰਹਿੰਦਾ ਹੈ । ਕੇਹ—ਕਿਸੇ ਨੂੰ । ਜਿਸਹਿ ਪਰਾਪਤਿ—ਜਿਸ ਦੇ ਭਾਗਾਂ ਵਿਚ ਲਿਖੀ ਹੈ ਪ੍ਰਾਪਤੀ । ਦੇਹਿ—ਤੂੰ ਦੇਂਦਾ ਹੈਂ (ਹੇ ਪ੍ਰਭੂ !) ।੨।

ਚਾਖਿ—ਚੱਖ ਕੇ । ਤੇ—ਤੋਂ, ਪਾਸੋਂ । ਸਾਦੁ—ਸੁਆਦ, ਆਨੰਦ । ਈਤ ਊਤ—ਇਸ ਲੋਕ ਵਿਚ ਤੇ ਪਰਲੋਕ ਵਿਚ । ਕਤ—ਕਿਤੇ ਭੀ । ਗੀਧਾ—ਗਿੱਝਾ ਹੋਇਆ ।੩।

ਅਰਥ:- (ਹੇ ਭਾਈ !) ਜੇਹੜਾ ਮਨੁੱਖ ਪਰਮਾਤਮਾ ਦਾ ਨਾਮ-ਅੰਮ੍ਰਿਤ ਪੀਂਦਾ ਹੈ ਉਹ ਉਸ ਰਸ ਵਿਚ ਪੂਰਨ ਤੌਰ ਤੇ ਮਸਤ ਰਹਿੰਦਾ ਹੈ ਉਹ ਉਸ ਨਾਮ-ਰਸ ਦਾ ਆਸ਼ਿਕ ਬਣ ਜਾਂਦਾ ਹੈ, ਉਸ ਨੂੰ ਦੁਨੀਆ ਦੇ ਹੋਰ ਸਾਰੇ ਰਸ (ਨਾਮ-ਰਸ ਦੇ ਟਾਕਰੇ ਤੇ) ਫਿੱਕੇ ਜਾਪਦੇ ਹਨ ।੧।ਰਹਾਉ।

(ਹੇ ਭਾਈ !) ਪਰਮਾਤਮਾ ਦਾ ਨਾਮ-ਅੰਮ੍ਰਿਤ ਪੀਣ ਵਾਲਾ ਮਨੁੱਖ (ਨਾਮ-ਰੰਗ ਵਿਚ) ਸਦਾ ਹੀ ਰੰਗਿਆ ਰਹਿੰਦਾ ਹੈ (ਕਿਉਂਕਿ ਨਾਮ-ਰਸ ਦਾ ਅਸਰ ਕਦੇ ਦੂਰ ਨਹੀਂ ਹੁੰਦਾ, ਇਸ ਤੋਂ ਬਿਨਾ ਦੁਨੀਆ ਦੇ ਪਦਾਰਥਾਂ ਦੇ) ਹੋਰ ਹੋਰ ਰਸਾਂ ਦਾ ਅਸਰ ਇਕ ਖਿਨ ਵਿਚ ਉਤਰ ਜਾਂਦਾ ਹੈ । ਪਰਮਾਤਮਾ ਦੇ ਨਾਮ-ਰਸ ਦੇ ਮਤਵਾਲੇ ਮਨੁੱਖ ਦੇ ਮਨ ਵਿਚ ਸਦਾ ਆਨੰਦ ਟਿਕਿਆ ਰਹਿੰਦਾ ਹੈ, ਪਰ ਦੁਨੀਆ ਦੇ ਪਦਾਰਥਾਂ ਦੇ ਸਵਾਦਾਂ ਵਿਚ ਪਿਆਂ ਚਿੰਤਾ ਆ ਦਬਾਂਦੀ ਹੈ ।੧।

(ਹੇ ਭਾਈ ! ਹਰਿ-ਨਾਮ-ਰਸ ਦੁਨੀਆ ਦੇ ਧਨ-ਪਦਾਰਥ ਦੇ ਵੱਟੇ ਵਿਚ ਨਹੀਂ ਮਿਲ ਸਕਦਾ) ਪਰਮਾਤਮਾ ਦੇ ਨਾਮ-ਰਸ ਦਾ ਮੁੱਲ (ਧਨ-ਪਦਾਰਥ ਦੀ ਸ਼ਕਲ ਵਿਚ) ਬਿਆਨ ਹੀ ਨਹੀਂ ਕੀਤਾ ਜਾ ਸਕਦਾ । ਇਹ ਨਾਮ-ਰਸ ਗੁਰੂ ਦੇ ਹੱਟ ਵਿਚ (ਗੁਰੂ ਦੀ ਸੰਗਤਿ ਵਿਚ) ਸਦਾ ਟਿਕਿਆ ਰਹਿੰਦਾ ਹੈ । ਲੱਖਾਂ ਕ੍ਰੋੜਾਂ ਰੁਪਏ ਦਿੱਤਿਆਂ ਭੀ ਇਹ ਕਿਸੇ ਨੂੰ ਮਿਲ ਨਹੀਂ ਸਕਦਾ । ਹੇ ਪ੍ਰਭੂ ! ਜਿਸ ਮਨੁੱਖ ਦੇ ਭਾਗਾਂ ਵਿਚ ਤੂੰ ਇਸ ਦੀ ਪ੍ਰਾਪਤੀ ਲਿਖੀ ਹੈ ਉਸੇ ਨੂੰ ਹੀ ਤੂੰ ਆਪ ਹੀ ਦੇਂਦਾ ਹੈਂ ।੨।

ਹੇ ਨਾਨਕ! (ਇਹ ਨਾਮ-ਰਸ) ਚੱਖ ਕੇ (ਕੋਈ ਇਸ ਦਾ ਸਵਾਦ ਬਿਆਨ ਨਹੀਂ ਕਰ ਸਕਦਾ । ਜੇ ਕੋਈ ਜਤਨ ਕਰੇ ਤਾਂ) ਹੈਰਾਨ ਪਿਆ ਹੁੰਦਾ ਹੈ (ਕਿਉਂਕਿ ਉਹ ਆਪਣੇ ਆਪ ਨੂੰ ਇਸ ਰਸ ਦਾ ਅਸਰ ਬਿਆਨ ਕਰਨ ਤੋਂ ਅਸਮਰਥ ਵੇਖਦਾ ਹੈ) । ਇਸ ਹਰਿ-ਨਾਮ-ਰਸ ਦਾ ਅਨੰਦ ਗੁਰੂ ਪਾਸੋਂ ਹੀ ਪ੍ਰਾਪਤ ਹੁੰਦਾ ਹੈ (ਜਿਸ ਨੂੰ ਇਕ ਵਾਰੀ ਇਸ ਦੀ ਪ੍ਰਾਪਤੀ ਹੋ ਗਈ ਉਹ) ਇਸ ਲੋਕ ਤੇ ਪਰਲੋਕ ਵਿਚ (ਕਿਸੇ ਭੀ ਹੋਰ ਪਦਾਰਥ ਦੀ ਖ਼ਾਤਰ) ਇਸ ਨਾਮ-ਰਸ ਨੂੰ ਛੱਡ ਕੇ ਨਹੀਂ ਜਾਂਦਾ, ਉਹ ਸਦਾ ਹਰਿ-ਨਾਮ-ਰਸ ਵਿਚ ਹੀ ਮਸਤ ਰਹਿੰਦਾ ਹੈ ।੩।੨੭।

ਆਸਾ ਮਹਲਾ ੫ ॥ ਕਾਮੁ ਕ੍ਰੋਧੁ ਲੋਭੁ ਮੋਹੁ ਮਿਟਾਵੈ ਛੁਟਕੈ ਦੁਰਮਤਿ ਅਪੁਨੀ ਧਾਰੀ ॥ ਹੋਇ ਨਿਮਾਣੀ ਸੇਵ ਕਮਾਵਹਿ ਤਾ ਪ੍ਰੀਤਮ ਹੋਵਹਿ ਮਨਿ ਪਿਆਰੀ ॥੧॥ ਸੁਣਿ ਸੁੰਦਰਿ ਸਾਧੂ ਬਚਨ ਉਧਾਰੀ ॥ ਦੂਖ ਭੂਖ ਮਿਟੈ ਤੇਰੋ ਸਹਸਾ ਸੁਖ ਪਾਵਹਿ ਤੂੰ ਸੁਖਮਨਿ ਨਾਰੀ ॥੧॥ ਰਹਾਉ ॥ ਚਰਣ ਪਖਾਰਿ ਕਰਉ ਗੁਰ ਸੇਵਾ ਆਤਮ ਸੁਧੁ ਬਿਖੁ ਤਿਆਸ ਨਿਵਾਰੀ ॥ ਦਾਸਨ ਕੀ ਹੋਇ ਦਾਸਿ ਦਾਸਰੀ ਤਾ ਪਾਵਹਿ ਸੋਭਾ ਹਰਿ ਦੁਆਰੀ ॥੨॥ ਇਹੀ ਅਚਾਰ ਇਹੀ ਬਿਉਹਾਰਾ ਆਗਿਆ ਮਾਨਿ ਭਗਤਿ ਹੋਇ ਤੁਮ੍ਾਰੀ ॥ ਜੋ ਇਹੁ ਮੰਤ੍ਰੁ ਕਮਾਵੈ ਨਾਨਕ ਸੋ ਭਉਜਲੁ ਪਾਰਿ ਉਤਾਰੀ ॥੩॥੨੮॥ {ਪੰਨਾ 377}

ਪਦਅਰਥ:- ਮਿਟਾਵੈ—ਮਿਟਾ ਦੇਂਦਾ ਹੈ । ਛੁਟਕੈ—ਮੁੱਕ ਜਾਂਦੀ ਹੈ । ਦੁਰਮਤਿ—ਭੈੜੀ ਮਤਿ । ਅਪੁਨੀ ਧਾਰੀ—ਆਪਣੀ ਹੀ ਪੈਦਾ ਕੀਤੀ ਹੋਈ । ਕਮਾਵਹਿ—ਜੇ ਤੂੰ ਕਰੇਂ । ਮਨਿ—ਮਨ ਵਿਚ ।੧।

ਸੁੰਦਰਿ—ਹੇ ਸੁੰਦਰੀ! ਹੇ ਸੋਹਣੀ ਜੀਵ-ਇਸਤ੍ਰੀ! ਸਾਧੂ ਬਚਨ—ਗੁਰੂ ਦੇ ਬਚਨ । ਉਧਾਰੀ—ਉਧਾਰਿ, (ਆਪਣੇ ਆਪ ਨੂੰ ਸੰਸਾਰ-ਸਮੁੰਦਰ ਵਿਚ ਡੁੱਬਣ ਤੋਂ) ਬਚਾ ਲੈ । ਸਹਸਾ—ਸਹਮ । ਸੁਖਮਨਿ—ਜਿਸ ਦੇ ਮਨ ਵਿਚ ਆਤਮਕ ਆਨੰਦ ਵੱਸ ਰਿਹਾ ਹੈ । ਨਾਰੀ—ਹੇ ਜੀਵ-ਇਸਤ੍ਰੀ! ।੧।ਰਹਾਉ।

ਪਖਾਰਿ—ਪਖਾਲਿ, ਧੋ ਕੇ । ਕਰਉ—ਤੂੰ ਕਰ । ਸੁਧੁ—ਪਵਿਤ੍ਰ । ਬਿਖੁ—ਜ਼ਹਰ (ਮਾਇਆ ਦੇ ਮੋਹ ਦਾ ਜ਼ਹਰ ਜੋ ਆਤਮਕ ਜੀਵਨ ਨੂੰ ਮਾਰ ਮੁਕਾਂਦਾ ਹੈ) । ਪਿਆਸ—ਤ੍ਰਿਸ਼ਨਾ, ਤ੍ਰੇਹ । ਨਿਵਾਰੀ—ਦੂਰ ਕਰਦੀ ਹੈ । ਦਾਸਿ—ਦਾਸੀ । ਦਾਸਰੀ—ਨਿਮਾਣੀ ਜਿਹੀ ਦਾਸੀ । ਦੁਆਰੀ—ਦੁਆਰਿ, ਦਰ ਤੇ ।੨।

ਅਚਾਰ—(ਮਿਥੀਆਂ ਹੋਈਆਂ ਧਾਰਮਿਕ ਰਸਮਾਂ ਦਾ) ਕਰਨਾ । ਬਿਉਹਾਰਾ—ਵਿਹਾਰ, ਨਿੱਤ ਦੀ ਰਹਿਣੀ । ਮਾਨਿ—ਮੰਨ । ਮੰਤ੍ਰੁ—ਉਪਦੇਸ਼ । ਭਉਜਲੁ—ਸੰਸਾਰ-ਸਮੁੰਦਰ ।੩।

ਅਰਥ:- ਹੇ ਸੁੰਦਰੀ! ਹੇ ਆਪਣੇ ਮਨ ਵਿਚ ਆਤਮਕ ਆਨੰਦ ਟਿਕਾਈ ਰੱਖਣ ਦੀ ਚਾਹਵਾਨ ਜੀਵ-ਇਸਤ੍ਰੀ! ਗੁਰੂ ਦੇ ਬਚਨ ਸੁਣ ਕੇ (ਆਪਣੇ ਆਪ ਨੂੰ ਸੰਸਾਰ-ਸਮੁੰਦਰ ਵਿਚ ਡੁੱਬਣ ਤੋਂ) ਬਚਾ । (ਗੁਰੂ ਦੀ ਬਾਣੀ ਦੀ ਬਰਕਤਿ ਨਾਲ) ਤੇਰਾ ਦੁੱਖ ਮਿਟ ਜਾਇਗਾ ਤੇਰੀ ਮਾਇਆ ਦੀ ਭੁੱਖ ਮਿਟ ਜਾਇਗੀ ਤੂੰ ਆਤਮਕ ਅਨੰਦ ਮਾਣੇਂਗੀ ।੧।ਰਹਾਉ।

ਹੇ ਸੁੰਦਰੀ! ਜੇ ਤੂੰ ਮਾਣ ਤਿਆਗ ਕੇ ਪ੍ਰਭੂ ਦੀ ਸੇਵਾ-ਭਗਤੀ ਕਰੇਂਗੀ ਤਾਂ ਪ੍ਰੀਤਮ-ਪ੍ਰਭੂ ਦੇ ਮਨ ਵਿਚ ਪਿਆਰੀ ਲੱਗੇਂਗੀ, (ਗੁਰੂ ਦਾ ਉਪਦੇਸ਼ ਤੇਰੇ ਅੰਦਰੋਂ) ਕਾਮ ਕ੍ਰੋਧ ਲੋਭ ਮੋਹ ਨੂੰ ਮਿਟਾ ਦੇਵੇਗਾ, ਤੇਰੀ ਆਪਣੀ ਹੀ ਪੈਦਾ ਕੀਤੀ ਹੋਈ ਭੈੜੀ ਮਤਿ (ਤੇਰੇ ਅੰਦਰੋਂ) ਮੁੱਕ ਜਾਇਗੀ ।੧।

ਹੇ ਸੁੰਦਰੀ! ਗੁਰੂ ਦੇ ਚਰਨ ਧੋ ਕੇ ਗੁਰੂ ਦੀ (ਦੱਸੀ) ਸੇਵਾ ਕਰਿਆ ਕਰ, ਤੇਰਾ ਆਤਮਾ ਪਵਿਤ੍ਰ ਹੋ ਜਾਇਗਾ

(ਇਹ ਸੇਵਾ ਤੇਰੇ ਅੰਦਰੋਂ ਆਤਮਕ ਜੀਵਨ ਨੂੰ ਮਾਰ ਮੁਕਾਣ ਵਾਲੇ ਮਾਇਆ-ਮੋਹ ਦੇ) ਜ਼ਹਰ ਨੂੰ ਦੂਰ ਕਰ ਦੇਵੇਗੀ, ਮਾਇਆ ਦੀ ਤ੍ਰਿਸ਼ਨਾ ਨੂੰ ਮਿਟਾ ਦੇਵੇਗੀ । (ਹੇ ਸੁੰਦਰੀ!) ਜੇ ਤੂੰ ਪਰਮਾਤਮਾ ਦੇ ਸੇਵਕਾਂ ਦੀ ਦਾਸੀ ਬਣ ਜਾਏਂ ਨਿਮਾਣੀ ਜਿਹੀ ਦਾਸੀ ਬਣ ਜਾਏਂ ਤਾਂ ਤੂੰ ਪਰਮਾਤਮਾ ਦੀ ਹਜ਼ੂਰੀ ਵਿਚ ਸੋਭਾ-ਆਦਰ ਹਾਸਲ ਕਰੇਂਗੀ ।੨।

(ਹੇ ਸੁੰਦਰੀ!) ਇਹੀ ਕੁਝ ਤੇਰੇ ਵਾਸਤੇ ਧਾਰਮਿਕ ਰਸਮਾਂ ਦਾ ਕਰਨਾ ਹੈ ਇਹੀ ਤੇਰਾ ਨਿੱਤ ਦਾ ਵਿਹਾਰ ਚਾਹੀਦਾ ਹੈ, ਪਰਮਾਤਮਾ ਦੀ ਰਜ਼ਾ ਨੂੰ ਸਿਰ-ਮੱਥੇ ਤੇ ਮੰਨ (ਇਸ ਤਰ੍ਹਾਂ ਕੀਤੀ ਹੋਈ) ਤੇਰੀ ਪ੍ਰਭੂ-ਭਗਤੀ (ਪ੍ਰਭੂ-ਦਰ ਤੇ ਪਰਵਾਨ) ਹੋ ਜਾਇਗੀ ।

ਹੇ ਨਾਨਕ! ਜੇਹੜਾ ਭੀ ਮਨੁੱਖ ਇਸ ਉਪਦੇਸ਼ ਨੂੰ ਕਮਾਂਦਾ ਹੈ (ਆਪਣੇ ਜੀਵਨ ਵਿਚ ਵਰਤਦਾ ਹੈ) ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ।੩।੨੮।

ਆਸਾ ਮਹਲਾ ੫ ਦੁਪਦੇ ॥ ਭਈ ਪਰਾਪਤਿ ਮਾਨੁਖ ਦੇਹੁਰੀਆ ॥ ਗੋਬਿੰਦ ਮਿਲਣ ਕੀ ਇਹ ਤੇਰੀ ਬਰੀਆ ॥ ਅਵਰਿ ਕਾਜ ਤੇਰੈ ਕਿਤੈ ਨ ਕਾਮ ॥ ਮਿਲੁ ਸਾਧਸੰਗਤਿ ਭਜੁ ਕੇਵਲ ਨਾਮ ॥੧॥ ਸਰੰਜਾਮਿ ਲਾਗੁ ਭਵਜਲ ਤਰਨ ਕੈ ॥ ਜਨਮੁ ਬ੍ਰਿਥਾ ਜਾਤ ਰੰਗਿ ਮਾਇਆ ਕੈ ॥੧॥ ਰਹਾਉ ॥ ਜਪੁ ਤਪੁ ਸੰਜਮੁ ਧਰਮੁ ਨ ਕਮਾਇਆ ॥ ਸੇਵਾ ਸਾਧ ਨ ਜਾਨਿਆ ਹਰਿ ਰਾਇਆ ॥ ਕਹੁ ਨਾਨਕ ਹਮ ਨੀਚ ਕਰੰਮਾ ॥ ਸਰਣਿ ਪਰੇ ਕੀ ਰਾਖਹੁ ਸਰਮਾ ॥੨॥੨੯॥ {ਪੰਨਾ 378}

ਪਦਅਰਥ:- ਦੇਹੁਰੀਆ—ਸੋਹਣੀ ਦੇਹੀ । ਮਾਨੁਖ ਦੇਹੁਰੀਆ—ਮਨੁੱਖਾ ਜਨਮ ਦੀ ਸੋਹਣੀ ਦੇਹੀ । ਬਰੀਆ—ਵਾਰੀ । ਅਵਰਿ—{ਲਫ਼ਜ਼ 'ਅਵਰ' ਤੋਂ ਬਹੁ-ਵਚਨ} ਹੋਰ ਹੋਰ ।੧।

ਸਰੰਜਾਮਿ—ਸਰੰਜਾਮ ਵਿਚ, ਆਹਰ ਵਿਚ । ਲਾਗੁ—ਲੱਗ । ਭਵਜਲ—ਸੰਸਾਰ-ਸਮੁੰਦਰ । ਤਰਨ ਕੈ ਸਰੰਜਾਮਿ—ਤਰਨ ਦੇ ਆਹਰ ਵਿਚ । ਬ੍ਰਿਥਾ ਜਾਤ—ਵਿਅਰਥ ਜਾ ਰਿਹਾ ਹੈ । ਰੰਗਿ—ਰੰਗ ਵਿਚ, ਪਿਆਰ ਵਿਚ, ਮੋਹ ਵਿਚ ।੧।ਰਹਾਉ।

ਸੰਜਮੁ—(ਇੰਦ੍ਰਿਆਂ ਨੂੰ ਵਿਕਾਰਾਂ ਵਲੋਂ ਰੋਕਣ ਦਾ) ਜਤਨ । ਸਾਧ—ਸੰਤ-ਜਨ । ਹਰਿ ਰਾਇਆ—ਹੇ ਪ੍ਰਭੂ ਪਾਤਸ਼ਾਹ! ਨਾਨਕ—ਹੇ ਨਾਨਕ! ਨੀਚ ਕਰੰਮਾ—ਮੰਦ-ਕਰਮੀ । ਸਰਮਾ—ਸ਼ਰਮ, ਲਾਜ ।੨।

ਅਰਥ:- (ਹੇ ਭਾਈ!) ਸੰਸਾਰ-ਸਮੁੰਦਰ ਵਿਚੋਂ (ਸਹੀ-ਸਲਾਮਤਿ ਆਤਮਕ ਜੀਵਨ ਲੈ ਕੇ) ਪਾਰ ਲੰਘਣ ਦੇ ਆਹਰ ਵਿਚ (ਭੀ) ਲੱਗ । ਮਾਇਆ ਦੇ ਮੋਹ ਵਿਚ (ਫਸ ਕੇ) ਤੇਰਾ ਮਨੁੱਖਾ ਜਨਮ ਵਿਅਰਥ ਜਾ ਰਿਹਾ ਹੈ ।੧।ਰਹਾਉ।

ਹੇ ਭਾਈ! ਤੈਨੂੰ ਮਨੁੱਖਾ ਜਨਮ ਦੇ ਸੋਹਣੇ ਸਰੀਰ ਦੀ ਪ੍ਰਾਪਤੀ ਹੋਈ ਹੈ, ਇਹੀ ਹੈ ਸਮਾ ਪਰਮਾਤਮਾ ਨੂੰ ਮਿਲਣ ਦਾ । ਤੇਰੇ ਹੋਰ ਹੋਰ ਕੰਮ (ਪਰਮਾਤਮਾ ਨੂੰ ਮਿਲਣ ਦੇ ਰਸਤੇ ਵਿਚ) ਤੇਰੇ ਕਿਸੇ ਕੰਮ ਨਹੀਂ ਆਉਣਗੇ । (ਇਸ ਵਾਸਤੇ) ਸਾਧ ਸੰਗਤਿ ਵਿਚ (ਭੀ) ਬੈਠਿਆ ਕਰ (ਤੇ ਉਥੇ) ਸਿਰਫ਼ ਪਰਮਾਤਮਾ ਦੇ ਨਾਮ ਦਾ ਭਜਨ ਕਰਿਆ ਕਰ ।੧।

ਹੇ ਨਾਨਕ! ਆਖ—ਹੇ ਪ੍ਰਭੂ ਪਾਤਸ਼ਾਹ! ਮੈਂ ਕੋਈ ਜਪ ਨਹੀਂ ਕੀਤਾ, ਮੈਂ ਕੋਈ ਤਪ ਨਹੀਂ ਕੀਤਾ, ਮੈਂ ਕੋਈ ਸੰਜਮ ਨਹੀਂ ਸਾਧਿਆ; ਮੈਂ ਇਹੋ ਜਿਹਾ ਕੋਈ ਹੋਰ ਧਰਮ ਭੀ ਨਹੀਂ ਕੀਤਾ (ਮੈਨੂੰ ਕਿਸੇ ਜਪ ਤਪ ਸੰਜਮ ਆਦਿਕ ਦਾ ਸਹਾਰਾ-ਮਾਣ ਨਹੀਂ ਹੈ) । ਹੇ ਪ੍ਰਭੂ-ਪਾਤਸ਼ਾਹ! ਮੈਂ ਤਾਂ ਤੇਰੇ ਸੰਤ ਜਨਾਂ ਦੀ ਸੇਵਾ ਕਰਨ ਦੀ ਜਾਚ ਭੀ ਨਾਹ

ਸਿੱਖੀ । ਮੈਂ ਬੜਾ ਮੰਦ-ਕਰਮੀ ਹਾਂ (ਪਰ ਮੈਂ ਤੇਰੀ ਸਰਨ ਆ ਪਿਆ ਹਾਂ) ਸਰਨ ਪਏ ਦੀ ਮੇਰੀ ਲਾਜ ਰੱਖੀਂ ।੨।੨੯।

ਨੋਟ:- ਨੰਬਰ ੨੯ ਤੋਂ ਦੋ ਬੰਦਾਂ ਵਾਲੇ ਸ਼ਬਦ ਸ਼ੁਰੂ ਹੋਏ ਹਨ ਜੋ ਨੰਬਰ ੩੪ ਤਕ ਗਿਣਤੀ ਵਿਚ ੬ ਹਨ ।

ਆਸਾ ਮਹਲਾ ੫ ॥ ਤੁਝ ਬਿਨੁ ਅਵਰੁ ਨਾਹੀ ਮੈ ਦੂਜਾ ਤੂੰ ਮੇਰੇ ਮਨ ਮਾਹੀ ॥ ਤੂੰ ਸਾਜਨੁ ਸੰਗੀ ਪ੍ਰਭੁ ਮੇਰਾ ਕਾਹੇ ਜੀਅ ਡਰਾਹੀ ॥੧॥ ਤੁਮਰੀ ਓਟ ਤੁਮਾਰੀ ਆਸਾ ॥ ਬੈਠਤ ਊਠਤ ਸੋਵਤ ਜਾਗਤ ਵਿਸਰੁ ਨਾਹੀ ਤੂੰ ਸਾਸ ਗਿਰਾਸਾ ॥੧॥ ਰਹਾਉ ॥ ਰਾਖੁ ਰਾਖੁ ਸਰਣਿ ਪ੍ਰਭ ਅਪਨੀ ਅਗਨਿ ਸਾਗਰ ਵਿਕਰਾਲਾ ॥ ਨਾਨਕ ਕੇ ਸੁਖਦਾਤੇ ਸਤਿਗੁਰ ਹਮ ਤੁਮਰੇ ਬਾਲ ਗੁਪਾਲਾ ॥੨॥੩੦॥ {ਪੰਨਾ 378}

ਪਦਅਰਥ:- ਅਵਰੁ—ਹੋਰ । ਮਾਹੀ—ਵਿਚ । ਸੰਗੀ—ਸਾਥੀ । ਜੀਅ—ਹੇ ਜਿੰਦੇ! ਕਾਹੇ ਡਰਾਹੀ—ਕਿਉਂ ਡਰਦੀ ਹੈਂ? ।੧।

ਓਟ—ਆਸਰਾ । ਸਾਸ—ਸਾਹ । ਗਿਰਾਸਾ—ਗਿਰਾਹੀ ।੧।ਰਹਾਉ।

ਪ੍ਰਭ—ਹੇ ਪ੍ਰਭੂ! ਵਿਕਰਾਲਾ—ਡਰਾਉਣਾ । ਸਾਗਰ—ਸਮੁੰਦਰ । ਬਾਲ—ਬੱਚੇ । ਗੁਪਾਲਾ—ਹੇ ਗੋਪਾਲ! ।੨।

ਅਰਥ:- ਹੇ ਗੋਪਾਲ! ਮੈਨੂੰ ਤੇਰਾ ਹੀ ਸਹਾਰਾ ਹੈ, ਮੈਨੂੰ ਤੇਰੀ ਸਹਾਇਤਾ ਦੀ ਆਸ ਰਹਿੰਦੀ ਹੈ । (ਹੇ ਪ੍ਰਭੂ! ਮੇਹਰ ਕਰ) ਬੈਠਦਿਆਂ, ਉਠਦਿਆਂ, ਸੁੱਤਿਆਂ, ਜਾਗਦਿਆਂ, ਹਰੇਕ ਸਾਹ ਨਾਲ, ਹਰੇਕ ਗਿਰਾਹੀ ਦੇ ਨਾਲ ਮੈਨੂੰ ਤੂੰ ਕਦੇ ਭੀ ਨਾਹ ਭੁੱਲ ।੧।ਰਹਾਉ।

ਹੇ ਮੇਰੀ ਜਿੰਦੇ! ਤੂੰ ਕਿਉਂ ਡਰਦੀ ਹੈਂ? (ਹਰ ਵੇਲੇ ਇਉਂ ਅਰਦਾਸ ਕਰਿਆ ਕਰ—) ਹੇ ਪ੍ਰਭੂ! ਤੈਥੋਂ ਬਿਨਾ ਮੇਰਾ ਕੋਈ ਹੋਰ ਸਹਾਰਾ ਨਹੀਂ, ਤੂੰ ਸਦਾ ਮੇਰੇ ਮਨ ਵਿਚ ਵੱਸਦਾ ਰਹੁ । ਤੂੰ ਹੀ ਮੇਰਾ ਸੱਜਣ ਹੈਂ, ਤੂੰ ਹੀ ਮੇਰਾ ਸਾਥੀ ਹੈਂ ਤੂੰ ਹੀ ਮੇਰਾ ਮਾਲਕ ਹੈਂ ।੧।

ਹੇ ਪ੍ਰਭੂ! ਇਹ ਅੱਗ ਦਾ ਸਮੁੰਦਰ (ਸੰਸਾਰ ਬੜਾ) ਡਰਾਉਣਾ ਹੈ (ਇਸ ਤੋਂ ਬਚਨ ਲਈ) ਮੈਨੂੰ ਆਪਣੀ ਸਰਨ ਵਿਚ ਸਦਾ ਟਿਕਾਈ ਰੱਖ । ਹੇ ਗੁਪਾਲ! ਹੇ ਸਤਿਗੁਰ! ਹੇ ਨਾਨਕ ਦੇ ਸੁਖ-ਦਾਤੇ ਪ੍ਰਭੂ! ਮੈਂ ਤੇਰਾ (ਅੰਞਾਣ) ਬੱਚਾ ਹਾਂ ।੨।੩੦।

ਆਸਾ ਮਹਲਾ ੫ ॥ ਹਰਿ ਜਨ ਲੀਨੇ ਪ੍ਰਭੂ ਛਡਾਇ ॥ ਪ੍ਰੀਤਮ ਸਿਉ ਮੇਰੋ ਮਨੁ ਮਾਨਿਆ ਤਾਪੁ ਮੁਆ ਬਿਖੁ ਖਾਇ ॥੧॥ ਰਹਾਉ ॥ ਪਾਲਾ ਤਾਊ ਕਛੂ ਨ ਬਿਆਪੈ ਰਾਮ ਨਾਮ ਗੁਨ ਗਾਇ ॥ ਡਾਕੀ ਕੋ ਚਿਤਿ ਕਛੂ ਨ ਲਾਗੈ ਚਰਨ ਕਮਲ ਸਰਨਾਇ ॥੧॥ ਸੰਤ ਪ੍ਰਸਾਦਿ ਭਏ ਕਿਰਪਾਲਾ ਹੋਏ ਆਪਿ ਸਹਾਇ ॥ ਗੁਨ ਨਿਧਾਨ ਨਿਤਿ ਗਾਵੈ ਨਾਨਕੁ ਸਹਸਾ ਦੁਖੁ ਮਿਟਾਇ ॥੨॥੩੧॥ {ਪੰਨਾ 378}

ਪਦਅਰਥ:- ਹਰਿ ਜਨ—ਪਰਮਾਤਮਾ ਦੇ ਭਗਤ । ਛਡਾਇ ਲੀਨੇ—ਬਚਾ ਲਏ ਹਨ । ਸਿਉ—ਨਾਲ । ਤਾਪੁ—(ਮਾਇਆ ਦੇ ਮੋਹ ਦਾ) ਤਾਪ । ਬਿਖੁ—ਜ਼ਹਰ । ਬਿਖੁ ਖਾਇ—ਜ਼ਹਰ ਖਾ ਕੇ ।੧।ਰਹਾਉ।

ਤਾਊ—ਤਾਉ, ਤਾਪ {ਨੋਟ:- ਇਸ ਸ਼ਬਦ ਵਿਚ ਮਾਇਆ ਦੇ ਪ੍ਰਭਾਵ ਨੂੰ ਮਲੇਰੀਏ ਤਾਪ ਨਾਲ ਉਪਮਾ ਦਿੱਤੀ ਹੈ । ਮਲੇਰੀਏ ਵਿਚ ਪਹਿਲਾਂ ਕਾਂਬਾ ਛਿੜਦਾ ਹੈ ਤੇ ਭਾਰੇ ਕੱਪੜਿਆਂ ਦੀ ਲੋੜ ਪੈਂਦੀ ਹੈ । ਫਿਰ ਫੂਕ ਕੇ ਤਾਪ ਚੜ੍ਹ ਜਾਂਦਾ ਹੈ} । ਪਾਲਾ ਤਾਊ ਕਛੂ ਨ—ਨਾਹ ਕਾਂਬਾ ਨਾਹ ਤਾਪ (ਨਾਹ ਮਾਇਆ ਦਾ ਲਾਲਚ ਅਤੇ ਨਾਹ ਕੋਈ

ਸਹਮ) । ਨ ਬਿਆਪੈ—ਜ਼ੋਰ ਨਹੀਂ ਪਾ ਸਕਦਾ । ਡਾਕੀ ਕੋ ਕਛੂ—ਮਾਇਆ ਡੈਣ ਦਾ ਕੁਝ ਭੀ (ਪ੍ਰਭਾਵ) । ਚਿਤਿ—ਚਿੱਤ ਉਤੇ ।੧।

ਸੰਤ—ਗੁਰੂ । ਪ੍ਰਸਾਦਿ—ਕਿਰਪਾ ਨਾਲ । ਸਹਾਇ—ਸਹਾਈ । ਨਿਧਾਨ—ਖ਼ਜ਼ਾਨੇ । ਸਹਸਾ—ਸਹਮ ।੨।

ਅਰਥ:- (ਹੇ ਭਾਈ!) ਪਰਮਾਤਮਾ ਆਪਣੇ ਭਗਤਾਂ ਨੂੰ (ਮਾਇਆ-ਡੈਣ ਦੇ ਪੰਜੇ ਤੋਂ) ਆਪ ਬਚਾ ਲੈਂਦਾ ਹੈ । (ਗੁਰੂ ਦੀ ਕਿਰਪਾ ਨਾਲ) ਮੇਰਾ ਮਨ ਭੀ ਪ੍ਰੀਤਮ-ਪਰਮਾਤਮਾ ਨਾਲ ਗਿੱਝਿਆ ਹੈ, ਮੇਰਾ ਭੀ (ਮਾਇਆ ਦਾ) ਤਾਪ (ਇਉਂ) ਮੁੱਕ ਗਿਆ ਹੈ (ਜਿਵੇਂ ਕੋਈ ਪ੍ਰਾਣੀ) ਜ਼ਹਰ ਖਾ ਕੇ ਮਰ ਜਾਂਦਾ ਹੈ ।੧।ਰਹਾਉ।

(ਹੇ ਭਾਈ!) ਪਰਮਾਤਮਾ ਦੇ ਸੋਹਣੇ ਚਰਨਾਂ ਦਾ ਆਸਰਾ ਲਿਆਂ (ਮਨੁੱਖ ਦੇ) ਚਿੱਤ ਤੇ (ਮਾਇਆ-) ਡੈਣ ਦਾ ਕੋਈ ਜ਼ੋਰ ਨਹੀਂ ਚੜ੍ਹਦਾ । ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾ ਗਾ ਕੇ ਨਾਹ ਮਾਇਆ ਦਾ ਲਾਲਚ ਜ਼ੋਰ ਪਾ ਸਕਦਾ ਹੈ, ਨਾਹ ਮਾਇਆ ਦਾ ਸਹਮ ਦਬਾਉ ਪਾਂਦਾ ਹੈ ।੧।

(ਹੇ ਭਾਈ!) ਗੁਰੂ ਦੀ ਕਿਰਪਾ ਨਾਲ (ਪਰਮਾਤਮਾ ਮੇਰੇ ਉਤੇ) ਦਇਆਵਾਨ ਹੋ ਗਿਆ ਹੈ (ਮਾਇਆ ਡੈਣ ਤੋਂ ਬਚਣ ਲਈ ਮੇਰਾ) ਆਪ ਸਹਾਈ ਬਣਿਆ ਹੋਇਆ ਹੈ । ਹੁਣ (ਗੁਰੂ ਦੀ ਕਿਰਪਾ ਨਾਲ) ਨਾਨਕ (ਮਾਇਆ ਦਾ) ਸਹਮ ਤੇ ਦੁੱਖ ਦੂਰ ਕਰ ਕੇ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਦੇ ਗੁਣ ਸਦਾ ਗਾਂਦਾ ਰਹਿੰਦਾ ਹੈ ।੨।੩੧।

ਆਸਾ ਮਹਲਾ ੫ ॥ ਅਉਖਧੁ ਖਾਇਓ ਹਰਿ ਕੋ ਨਾਉ ॥ ਸੁਖ ਪਾਏ ਦੁਖ ਬਿਨਸਿਆ ਥਾਉ ॥੧॥ ਤਾਪੁ ਗਇਆ ਬਚਨਿ ਗੁਰ ਪੂਰੇ ॥ ਅਨਦੁ ਭਇਆ ਸਭਿ ਮਿਟੇ ਵਿਸੂਰੇ ॥੧॥ ਰਹਾਉ ॥ ਜੀਅ ਜੰਤ ਸਗਲ ਸੁਖੁ ਪਾਇਆ ॥ ਪਾਰਬ੍ਰਹਮੁ ਨਾਨਕ ਮਨਿ ਧਿਆਇਆ ॥੨॥੩੨॥ {ਪੰਨਾ 378}

ਪਦਅਰਥ:- ਅਉਖਧੁ—ਦਵਾਈ । ਕੋ—ਦਾ । ਦੁਖ ਥਾਉ—ਦੁਖਾਂ ਦਾ ਥਾਂ, ਦੁੱਖਾਂ ਦਾ ਸੋਮਾ (ਮਾਇਆ ਦਾ ਮੋਹ) ।੧।

ਬਚਿਨ—ਬਚਨ ਦੀ ਰਾਹੀਂ, ਉਪਦੇਸ਼ ਨਾਲ । ਅਨਦੁ—ਅਨੰਦ । ਸਭਿ—ਸਾਰੇ । ਵਿਸੂਰੇ—ਚਿੰਤਾ, ਫ਼ਿਕਰ ।੧।ਰਹਾਉ।

ਜੀਅ—{ਲਫ਼ਜ਼ 'ਜੀਉ' ਤੋਂ ਬਹੁ-ਵਚਨ} । ਸਗਲ—ਸਾਰੇ । ਮਨਿ—ਮਨ ਵਿਚ ।੨।

ਅਰਥ:- (ਹੇ ਭਾਈ!) ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ-ਦਵਾਈ ਖਾਧੀ (ਉਸ ਦੇ ਅੰਦਰੋਂ ਮਾਇਆ ਦਾ ਮੋਹ) ਦੁੱਖਾਂ ਦਾ ਸੋਮਾ ਸੁੱਕ ਗਿਆ ਅਤੇ ਉਸ ਨੇ ਆਤਮਕ ਆਨੰਦ ਮਾਣ ਲਏ ।੧।

(ਹੇ ਭਾਈ!) ਪੂਰੇ ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ (ਨਾਮ-ਦਵਾਈ ਖਾ ਕੇ ਮਾਇਆ ਦੇ ਮੋਹ ਦਾ) ਤਾਪ ਲਹਿ ਜਾਂਦਾ ਹੈ, ਆਤਮਕ-ਆਨੰਦ ਪੈਦਾ ਹੁੰਦਾ ਹੈ, ਸਾਰੇ ਚਿੰਤਾ ਫ਼ਿਕਰ ਮਿਟ ਜਾਂਦੇ ਹਨ ।੧।ਰਹਾਉ।

ਹੇ ਨਾਨਕ! (ਗੁਰੂ ਦੇ ਉਪਦੇਸ਼ ਰਾਹੀਂ) ਜਿਸ ਜਿਸ ਮਨੁੱਖ ਨੇ ਪਰਮਾਤਮਾ ਨੂੰ ਆਪਣੇ ਮਨ ਵਿਚ ਸਿਮਰਿਆ, ਉਹਨਾਂ ਸਭਨਾਂ ਨੇ ਆਤਮਕ ਆਨੰਦ ਪ੍ਰਾਪਤ ਕੀਤਾ ।੨।੩੨।

ਆਸਾ ਮਹਲਾ ੫ ॥ ਬਾਂਛਤ ਨਾਹੀ ਸੁ ਬੇਲਾ ਆਈ ॥ ਬਿਨੁ ਹੁਕਮੈ ਕਿਉ ਬੁਝੈ ਬੁਝਾਈ ॥੧॥ ਠੰਢੀ ਤਾਤੀ ਮਿਟੀ ਖਾਈ ॥ ਓਹੁ ਨ ਬਾਲਾ ਬੂਢਾ ਭਾਈ ॥੧॥ ਰਹਾਉ ॥ ਨਾਨਕ ਦਾਸ ਸਾਧ ਸਰਣਾਈ ॥ ਗੁਰ ਪ੍ਰਸਾਦਿ ਭਉ ਪਾਰਿ ਪਰਾਈ ॥੨॥੩੩॥ {ਪੰਨਾ 378}

ਪਦਅਰਥ:- ਬਾਂਛਤ ਨਾਹੀ—ਪਸੰਦ ਨਹੀਂ ਕਰਦਾ । ਸੁ ਬੇਲਾ—ਉਹ ਵੇਲਾ, ਮੌਤ ਦਾ ਵੇਲਾ । ਕਿਉ ਬੂਝੈ—ਕਿਵੇਂ ਸਮਝੇ? ਨਹੀਂ ਸਮਝ ਸਕਦਾ । ਬੁਝਾਈ—ਸਮਝਾਇਆਂ ।੧।

ਠੰਡੀ ਖਾਈ—ਪਾਣੀ ਖਾ ਜਾਂਦਾ ਹੈ, ਪਾਣੀ ਵਿਚ ਰੋੜ੍ਹਿਆ ਜਾਂਦਾ ਹੈ । ਤਾਤੀ ਖਾਈ—ਅੱਗ ਸਾੜ ਦੇਂਦੀ ਹੈ । ਮਿਟੀ ਖਾਈ—ਮਿੱਟੀ ਖਾ ਜਾਂਦੀ ਹੈ । ਓਹ—ਉਹ ਜੀਵ-ਆਤਮਾ । ਬਾਲਾ—ਬਾਲਕ । ਭਾਈ—ਹੇ ਭਾਈ! ।੧।ਰਹਾਉ।

ਸਾਧ—ਗੁਰੂ । ਗੁਰ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ । ਭਉ—ਡਰ । ਪਾਰਿ ਪਰਾਈ—ਪਾਰ ਲੰਘ ਜਾਂਦਾ ਹੈ ।੨।

ਅਰਥ:- ਹੇ ਭਾਈ! ਜੀਵਾਤਮਾ (ਪਰਮਾਤਮਾ ਦੀ ਅੰਸ਼ ਹੈ ਜੋ) ਨਾਹ ਕਦੇ ਬਾਲਕ ਹੈ ਤੇ ਨਾਹ ਕਦੇ ਬੁੱਢਾ ਹੈ (ਉਹ ਕਦੇ ਨਹੀਂ ਮਰਦਾ । ਸਰੀਰ ਹੀ ਕਦੇ ਬਾਲਕ ਹੈ ਕਦੇ ਜਵਾਨ ਹੈ, ਕਦੇ ਬੁੱਢਾ ਹੈ ਤੇ ਫਿਰ ਮਰ ਜਾਂਦਾ ਹੈ । ਮਰੇ ਸਰੀਰ ਨੂੰ) ਜਲ-ਪ੍ਰਵਾਹ ਕੀਤਾ ਜਾਂਦਾ ਹੈ, ਅੱਗ ਸਾੜ ਦੇਂਦੀ ਹੈ ਜਾਂ (ਦੱਬਿਆਂ) ਮਿੱਟੀ ਖਾ ਜਾਂਦੀ ਹੈ ।੧।ਰਹਾਉ।

(ਹੇ ਭਾਈ!) ਜਿਸ ਨੂੰ ਕੋਈ ਭੀ ਪਸੰਦ ਨਹੀਂ ਕਰਦਾ, ਮੌਤ ਦਾ ਉਹ ਸਮਾ ਜ਼ਰੂਰ ਆ ਜਾਂਦਾ ਹੈ (ਮਨੁੱਖ ਫਿਰ ਭੀ ਨਹੀਂ ਸਮਝਦਾ ਕਿ ਮੌਤ ਜ਼ਰੂਰ ਆਉਣੀ ਹੈ) ਜਦ ਪਰਮਾਤਮਾ ਦਾ ਹੁਕਮ ਨਾਹ ਹੋਵੇ ਜੀਵ ਨੂੰ ਕਿਤਨਾ ਸਮਝਾਓ ਇਹ ਨਹੀਂ ਸਮਝਦਾ ।੧।

ਹੇ ਦਾਸ ਨਾਨਕ! ਗੁਰੂ ਦੀ ਸਰਨ ਪਿਆਂ ਹੀ, ਗੁਰੂ ਦੀ ਕਿਰਪਾ ਨਾਲ ਹੀ ਮਨੁੱਖ (ਮੌਤ ਦੇ) ਡਰ-ਸਹਮ ਤੋਂ ਪਾਰ ਲੰਘ ਸਕਦਾ ਹੈ ।੨।੩੩।

ਆਸਾ ਮਹਲਾ ੫ ॥ ਸਦਾ ਸਦਾ ਆਤਮ ਪਰਗਾਸੁ ॥ ਸਾਧਸੰਗਤਿ ਹਰਿ ਚਰਣ ਨਿਵਾਸੁ ॥੧॥ ਰਾਮ ਨਾਮ ਨਿਤਿ ਜਪਿ ਮਨ ਮੇਰੇ ॥ ਸੀਤਲ ਸਾਂਤਿ ਸਦਾ ਸੁਖ ਪਾਵਹਿ ਕਿਲਵਿਖ ਜਾਹਿ ਸਭੇ ਮਨ ਤੇਰੇ ॥੧॥ ਰਹਾਉ ॥ ਕਹੁ ਨਾਨਕ ਜਾ ਕੇ ਪੂਰਨ ਕਰਮ ॥ ਸਤਿਗੁਰ ਭੇਟੇ ਪੂਰਨ ਪਾਰਬ੍ਰਹਮ ॥੨॥੩੪॥ ਦੂਜੇ ਘਰ ਕੇ ਚਉਤੀਸ ॥ {ਪੰਨਾ 378}

ਪਦਅਰਥ:- ਆਤਮ ਪਰਗਾਸੁ—ਆਤਮਕ ਜੀਵਨ ਦਾ ਚਾਨਣ, ਇਹ ਚਾਨਣ ਕਿ ਆਤਮਕ ਜੀਵਨ ਕਿਵੇਂ ਜੀਵੀਦਾ ਹੈ ।੧।

ਨਿਤਿ—ਸਦਾ । ਮਨ—ਹੇ ਮਨ! ਕਿਲਵਿਖ—ਪਾਪ ।੧।ਰਹਾਉ।

ਕਰਮ—ਭਾਗ । ਭੇਟੇ—ਮਿਲਦਾ ਹੈ ।੨।

ਅਰਥ:- ਹੇ ਮੇਰੇ ਮਨ! ਸਦਾ ਪਰਮਾਤਮਾ ਦਾ ਨਾਮ ਜਪਿਆ ਕਰ । ਹੇ ਮਨ! (ਨਾਮ ਦੀ ਬਰਕਤਿ ਨਾਲ) ਤੇਰੇ ਸਾਰੇ ਪਾਪ ਦੂਰ ਹੋ ਜਾਣਗੇ, ਤੇਰਾ ਆਪਾ ਠੰਡਾ-ਠਾਰ ਹੋ ਜਾਇਗਾ, ਤੇਰੇ ਅੰਦਰ ਸ਼ਾਂਤੀ ਪੈਦਾ ਹੋ ਜਾਇਗੀ, ਤੂੰ ਸਦਾ ਆਤਮਕ ਆਨੰਦ ਮਾਣਦਾ ਰਹੇਂਗਾ ।੧।ਰਹਾਉ।

(ਹੇ ਭਾਈ!) ਸਾਧ ਸੰਗਤਿ ਵਿਚ ਰਹਿ ਕੇ ਜਿਸ ਮਨੁੱਖ ਦਾ ਮਨ ਪਰਮਾਤਮਾ ਦੇ ਚਰਨਾਂ ਵਿਚ ਟਿਕਿਆ ਰਹਿੰਦਾ ਹੈ ਉਸ ਨੂੰ ਸਦਾ ਕਾਇਮ ਰਹਿਣ ਵਾਲਾ ਆਤਮਕ ਜੀਵਨ ਦਾ ਚਾਨਣ ਮਿਲ ਜਾਂਦਾ ਹੈ ।੧।

(ਪਰ) ਹੇ ਨਾਨਕ! ਆਖ, ਜਿਸ ਮਨੁੱਖ ਦੇ ਪੂਰੇ ਭਾਗ ਜਾਗਦੇ ਹਨ ਉਹ ਹੀ ਸਤਿਗੁਰੂ ਨੂੰ ਮਿਲਦਾ ਹੈ ਤੇ ਸਭ

ਗੁਣਾਂ ਨਾਲ ਭਰਪੂਰ ਪਰਮਾਤਮਾ ਨੂੰ ਮਿਲਦਾ ਹੈ ।੨।੩੪।

ਨੋਟ:- ਦੂਜੇ ਘਰ ਕੇ ਚਉਤੀਸ । ਆਰੰਭ ਵਿਚ ਸਿਰ-ਲੇਖ ਆਇਆ ਸੀ—ਘਰੁ ੨ ਮਹਲਾ ੫ । ਘਰ ਦੂਜੇ ਦੇ ਸੰਗ੍ਰਹਿ ਵਿਚ ੩੪ ਸ਼ਬਦ ਹਨ ।

ਆਸਾ ਮਹਲਾ ੫ ॥ ਜਾ ਕਾ ਹਰਿ ਸੁਆਮੀ ਪ੍ਰਭੁ ਬੇਲੀ ॥ ਪੀੜ ਗਈ ਫਿਰਿ ਨਹੀ ਦੁਹੇਲੀ ॥੧॥ ਰਹਾਉ ॥ ਕਰਿ ਕਿਰਪਾ ਚਰਨ ਸੰਗਿ ਮੇਲੀ ॥ ਸੂਖ ਸਹਜ ਆਨੰਦ ਸੁਹੇਲੀ ॥੧॥ ਸਾਧਸੰਗਿ ਗੁਣ ਗਾਇ ਅਤੋਲੀ ॥ ਹਰਿ ਸਿਮਰਤ ਨਾਨਕ ਭਈ ਅਮੋਲੀ ॥੨॥੩੫॥ {ਪੰਨਾ 378-379}

ਪਦਅਰਥ:- ਜਾ ਕਾ—ਜਿਸ (ਮਨੁੱਖ) ਦਾ । ਬੇਲੀ—ਮਦਦਗਾਰ, ਸਹਾਈ । ਸੁਆਮੀ—ਮਾਲਕ । ਦੁਹੇਲੀ—ਦੁਖੀ, ਦੁੱਖ ਭਰੀ ।੧।ਰਹਾਉ।

ਸੰਗਿ—ਨਾਲ । ਸਹਜ—ਆਤਮਕ ਅਡੋਲਤਾ । ਸੁਹੇਲੀ—ਸੁਖੀ, ਸੁਖ-ਭਰੀ ।੧।

ਸਾਧ ਸੰਗਿ—ਸਾਧ ਸੰਗਤਿ ਵਿਚ । ਗਾਇ—ਗਾ ਕੇ । ਅਤੋਲੀ—ਜੋ ਤੋਲੀ ਨ ਜਾ ਸਕੇ, ਜਿਸ ਦੇ ਬਰਾਬਰ ਦੀ ਕੋਈ ਹੋਰ ਚੀਜ਼ ਨਾਹ ਮਿਲ ਸਕੇ । ਅਮੋਲੀ—ਜਿਸ ਦਾ ਮੁੱਲ ਨਾਹ ਪੈ ਸਕੇ ।੨।

ਅਰਥ:- (ਹੇ ਭਾਈ!) ਸਭ ਜੀਵਾਂ ਦਾ ਮਾਲਕ ਹਰਿ ਪ੍ਰਭੂ ਜਿਸ ਮਨੁੱਖ ਦਾ ਮਦਦਗਾਰ ਬਣ ਜਾਂਦਾ ਹੈ, ਉਸ ਦਾ ਹਰੇਕ ਕਿਸਮ ਦਾ ਦੁੱਖ-ਦਰਦ ਦੂਰ ਹੋ ਜਾਂਦਾ ਹੈ ਉਸ ਨੂੰ ਮੁੜ ਕਦੇ ਦੁਖ ਘੇਰ ਨਹੀਂ ਸਕਦੇ ।੧।ਰਹਾਉ।

(ਹੇ ਭਾਈ!) ਜਿਸ ਜੀਵ ਨੂੰ ਪਰਮਾਤਮਾ ਕਿਰਪਾ ਕਰ ਕੇ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ ਉਸ ਦੇ ਅੰਦਰ ਸੁਖ ਆਨੰਦ ਆਤਮਕ ਅਡੋਲਤਾ ਆ ਵੱਸਦੇ ਹਨ ਉਸ ਦਾ ਜੀਵਨ ਸੁਖੀ ਹੋ ਜਾਂਦਾ ਹੈ ।੧।

ਹੇ ਨਾਨਕ! ਸਾਧ ਸੰਗਤਿ ਵਿਚ ਪਰਮਾਤਮਾ ਦੇ ਗੁਣ ਗਾ ਕੇ ਪਰਮਾਤਮਾ ਦਾ ਸਿਮਰਨ ਕਰ ਕੇ (ਮਨੁੱਖ ਦਾ ਜੀਵਨ ਇਤਨਾ ਉੱਚਾ ਹੋ ਜਾਂਦਾ ਹੈ ਕਿ ਉਸ ਦੇ) ਬਰਾਬਰ ਦਾ ਕੋਈ ਨਹੀਂ ਮਿਲ ਸਕਦਾ, ਉਸ ਦੀ ਕੀਮਤ ਦਾ ਕੋਈ ਨਹੀਂ ਲੱਭ ਸਕਦਾ ।੨।੩੫।

ਆਸਾ ਮਹਲਾ ੫ ॥ ਕਾਮ ਕ੍ਰੋਧ ਮਾਇਆ ਮਦ ਮਤਸਰ ਏ ਖੇਲਤ ਸਭਿ ਜੂਐ ਹਾਰੇ ॥ ਸਤੁ ਸੰਤੋਖੁ ਦਇਆ ਧਰਮੁ ਸਚੁ ਇਹ ਅਪੁਨੈ ਗ੍ਰਿਹ ਭੀਤਰਿ ਵਾਰੇ ॥੧॥ ਜਨਮ ਮਰਨ ਚੂਕੇ ਸਭਿ ਭਾਰੇ ॥ ਮਿਲਤ ਸੰਗਿ ਭਇਓ ਮਨੁ ਨਿਰਮਲੁ ਗੁਰਿ ਪੂਰੈ ਲੈ ਖਿਨ ਮਹਿ ਤਾਰੇ ॥੧॥ ਰਹਾਉ ॥ ਸਭ ਕੀ ਰੇਨੁ ਹੋਇ ਰਹੈ ਮਨੂਆ ਸਗਲੇ ਦੀਸਹਿ ਮੀਤ ਪਿਆਰੇ ॥ ਸਭ ਮਧੇ ਰਵਿਆ ਮੇਰਾ ਠਾਕੁਰੁ ਦਾਨੁ ਦੇਤ ਸਭਿ ਜੀਅ ਸਮ੍ਹਾਰੇ ॥੨॥ ਏਕੋ ਏਕੁ ਆਪਿ ਇਕੁ ਏਕੈ ਏਕੈ ਹੈ ਸਗਲਾ ਪਾਸਾਰੇ ॥ ਜਪਿ ਜਪਿ ਹੋਏ ਸਗਲ ਸਾਧ ਜਨ ਏਕੁ ਨਾਮੁ ਧਿਆਇ ਬਹੁਤੁ ਉਧਾਰੇ ॥੩॥ ਗਹਿਰ ਗੰਭੀਰ ਬਿਅੰਤ ਗੁਸਾਈ ਅੰਤੁ ਨਹੀ ਕਿਛੁ ਪਾਰਾਵਾਰੇ ॥ ਤੁਮ੍ਰੀ ਕ੍ਰਿਪਾ ਤੇ ਗੁਨ ਗਾਵੈ ਨਾਨਕ ਧਿਆਇ ਧਿਆਇ ਪ੍ਰਭ ਕਉ ਨਮਸਕਾਰੇ ॥੪॥੩੬॥ {ਪੰਨਾ 379}

ਪਦਅਰਥ:- ਮਦ—ਅਹੰਕਾਰ । ਮਤਸਰ—ਈਰਖਾ । ਏ—ਇਹ ਸਾਰੇ {ਬਹੁ-ਵਚਨ} । ਸਭਿ—ਸਾਰੇ । ਜੂਐ—ਜੂਏ ਵਿਚ । ਭੀਤਰਿ—ਅੰਦਰ । ਵਾਰੇ—ਲੈ ਆਂਦੇ ।੧।

ਚੂਕੇ—ਮੁੱਕ ਗਏ । ਭਾਰੇ—ਜ਼ਿੰਮੇਵਾਰੀਆਂ । ਗੁਰਿ—ਗੁਰੂ ਨੇ । ਖਿਨ ਮਹਿ—ਬੜੀ ਹੀ ਛੇਤੀ ।੧।ਰਹਾਉ।

ਰੇਨੁ—ਚਰਨ-ਧੂੜ । ਮਨੂਆ—ਮਨ । ਦੀਸਹਿ—ਦਿੱਸਦੇ ਹਨ । ਮਧੇ—ਵਿਚ । ਸਮ੍ਹਾਰੇ—ਸੰਭਾਲ ਕਰਦਾ ਹੈ ।੨।

ਏਕੈ ਪਾਸਾਰੇ—ਇੱਕ ਪ੍ਰਭੂ ਦਾ ਹੀ ਖਿਲਾਰਾ । ਸਾਧ ਜਨ—ਭਲੇ ਮਨੁੱਖ । ਉਧਾਰੇ—(ਵਿਕਾਰਾਂ ਤੋਂ) ਬਚਾ ਲਏ ।੩।

ਗਹਿਰ—ਡੂੰਘਾ । ਗੰਭੀਰ—ਵੱਡੇ ਜਿਗਰੇ ਵਾਲਾ । ਗੁਸਾਈ—ਸ੍ਰਿਸ਼ਟੀ ਦਾ ਮਾਲਕ । ਪਾਰਾਵਾਰੇ—ਪਾਰ ਅਵਾਰ, ਪਾਰਲਾ ਬੰਨਾ ਤੇ ਉਰਲਾ ਬੰਨਾ । ਤੇ—ਤੋਂ, ਨਾਲ । ਕਉ—ਨੂੰ ।੪।

ਅਰਥ:- (ਹੇ ਭਾਈ!) ਸਾਧ ਸੰਗਤਿ ਵਿਚ ਮਿਲ ਬੈਠਿਆਂ ਮਨ ਪਵਿਤ੍ਰ ਹੋ ਜਾਂਦਾ ਹੈ, (ਸਾਧ ਸੰਗਤਿ ਵਿਚ ਬੈਠਣ ਵਾਲੇ ਨੂੰ) ਪੂਰੇ ਗੁਰੂ ਨੇ ਇਕ ਖਿਨ ਵਿਚ (ਵਿਕਾਰਾਂ ਦੇ ਸਮੁੰਦਰ ਤੋਂ) ਪਾਰ ਲੰਘਾ ਲਿਆ, ਉਸ ਦੇ ਜਨਮ ਮਰਨ ਦੇ ਗੇੜ ਮੁੱਕ ਗਏ ਉਸ ਦੀਆਂ (ਆਪਣੇ ਆਪ ਆਪਣੇ ਸਿਰ ਉਤੇ ਲਈਆਂ) ਜ਼ਿੰਮੇਵਾਰੀਆਂ ਮੁੱਕ ਗਈਆਂ ।੧।ਰਹਾਉ।

(ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਸੰਗਤਿ ਵਿਚ ਮਿਲ ਬੈਠਦਾ ਹੈ ਉਹ) ਕਾਮ, ਕ੍ਰੋਧ, ਮਾਇਆ ਦਾ ਮੋਹ, ਅਹੰਕਾਰ, ਈਰਖਾ—ਇਹਨਾਂ ਸਾਰੇ ਵਿਕਾਰਾਂ ਨੂੰ (ਮਾਨੋ) ਜੂਏ ਦੀ ਬਾਜ਼ੀ ਵਿਚ ਖੇਡ ਕੇ ਹਾਰ ਦੇਂਦਾ ਹੈ ਅਤੇ ਸਤ ਸੰਤੋਖ ਦਇਆ ਧਰਮ ਸੱਚ—ਇਹਨਾਂ ਗੁਣਾਂ ਨੂੰ ਆਪਣੇ ਹਿਰਦੇ-ਘਰ ਵਿਚ ਲੈ ਆਉਂਦਾ ਹੈ ।੧।

(ਹੇ ਭਾਈ! ਜੇਹੜਾ ਮਨੁੱਖ ਸੰਗਤਿ ਵਿਚ ਬੈਠਦਾ ਹੈ ਉਸ ਦਾ) ਮਨ ਸਭਨਾਂ ਦੀ ਚਰਨ-ਧੂੜ ਬਣ ਜਾਂਦਾ ਹੈ ਉਸ ਨੂੰ (ਸ੍ਰਿਸ਼ਟੀ ਦੇ) ਸਾਰੇ ਜੀਵ ਪਿਆਰੇ ਮਿੱਤਰ ਦਿੱਸਦੇ ਹਨ (ਉਸ ਨੂੰ ਪ੍ਰਤੱਖ ਦਿੱਸਦਾ ਹੈ ਕਿ) ਪਿਆਰਾ ਪਾਲਣਹਾਰ ਪ੍ਰਭੂ ਸਭ ਜੀਵਾਂ ਵਿਚ ਮੌਜੂਦ ਹੈ ਤੇ ਸਭ ਜੀਵਾਂ ਨੂੰ ਦਾਤਾਂ ਦੇ ਦੇ ਕੇ ਸਭ ਦੀ ਸੰਭਾਲ ਕਰ ਰਿਹਾ ਹੈ ।੨।

(ਹੇ ਭਾਈ! ਜੇਹੜੇ ਮਨੁੱਖ ਸਾਧ ਸੰਗਤਿ ਵਿਚ ਆਉਂਦੇ ਹਨ) ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਉਹ ਸਾਰੇ ਮਨੁੱਖ ਗੁਰਮੁਖਿ ਬਣ ਜਾਂਦੇ ਹਨ, ਇਕ ਪਰਮਾਤਮਾ ਦੇ ਨਾਮ ਦਾ ਧਿਆਨ ਧਰ ਕੇ ਉਹ ਹੋਰ ਅਨੇਕਾਂ ਨੂੰ ਵਿਕਾਰਾਂ ਤੋਂ ਬਚਾ ਲੈਂਦੇ ਹਨ (ਉਹਨਾਂ ਨੂੰ ਨਿਸ਼ਚਾ ਬਣ ਜਾਂਦਾ ਹੈ ਕਿ ਸਾਰੇ ਸੰਸਾਰ ਵਿਚ) ਪਰਮਾਤਮਾ ਆਪ ਹੀ ਆਪ ਵੱਸ ਰਿਹਾ ਹੈ, ਇਹ ਸਾਰਾ ਜਗਤ ਉਸ ਇੱਕ ਪਰਮਾਤਮਾ ਦਾ ਹੀ ਖਿਲਾਰਾ ਹੈ ।੩।

ਹੇ ਨਾਨਕ! (ਆਖ—) ਹੇ ਡੂੰਘੇ ਪ੍ਰਭੂ! ਹੇ ਵੱਡੇ ਜਿਗਰੇ ਵਾਲੇ ਪ੍ਰਭੂ! ਹੇ ਬੇਅੰਤ ਗੁਸਾਈਂ! ਤੇਰੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਤੇਰੀ ਹਸਤੀ ਦਾ ਉਰਲਾ ਤੇ ਪਾਰਲਾ ਬੰਨਾ ਨਹੀਂ ਲੱਭ ਸਕਦਾ, ਜੇਹੜਾ ਭੀ ਕੋਈ ਜੀਵ ਤੇਰੇ ਗੁਣ ਗਾਂਦਾ ਹੈ, ਜੇਹੜਾ ਭੀ ਕੋਈ ਤੇਰਾ ਨਾਮ ਸਿਮਰ ਸਿਮਰ ਕੇ ਤੇਰੇ ਅੱਗੇ ਸਿਰ ਨਿਵਾਂਦਾ ਹੈ ਉਹ ਇਹ ਸਭ ਕੁਝ ਤੇਰੀ ਮੇਹਰ ਨਾਲ ਹੀ ਕਰਦਾ ਹੈ ।੪।੩੬।

ਆਸਾ ਮਹਲਾ ੫ ॥ ਤੂ ਬਿਅੰਤੁ ਅਵਿਗਤੁ ਅਗੋਚਰੁ ਇਹੁ ਸਭੁ ਤੇਰਾ ਆਕਾਰੁ ॥ ਕਿਆ ਹਮ ਜੰਤ ਕਰਹ ਚਤੁਰਾਈ ਜਾਂ ਸਭੁ ਕਿਛੁ ਤੁਝੈ ਮਝਾਰਿ ॥੧॥ ਮੇਰੇ ਸਤਿਗੁਰ ਅਪਨੇ ਬਾਲਿਕ ਰਾਖਹੁ ਲੀਲਾ ਧਾਰਿ ॥ ਦੇਹੁ ਸੁਮਤਿ ਸਦਾ ਗੁਣ ਗਾਵਾ ਮੇਰੇ ਠਾਕੁਰ ਅਗਮ ਅਪਾਰ ॥੧॥ ਰਹਾਉ ॥ ਜੈਸੇ ਜਨਨਿ ਜਠਰ ਮਹਿ ਪ੍ਰਾਨੀ ਓਹੁ ਰਹਤਾ ਨਾਮ ਅਧਾਰਿ ॥ ਅਨਦੁ ਕਰੈ ਸਾਸਿ ਸਾਸਿ ਸਮ੍ਹਾਰੈ ਨਾ ਪੋਹੈ ਅਗਨਾਰਿ ॥੨॥ ਪਰ ਧਨ ਪਰ ਦਾਰਾ ਪਰ ਨਿੰਦਾ ਇਨ ਸਿਉ ਪ੍ਰੀਤਿ ਨਿਵਾਰਿ ॥ ਚਰਨ ਕਮਲ

ਸੇਵੀ ਰਿਦ ਅੰਤਰਿ ਗੁਰ ਪੂਰੇ ਕੈ ਆਧਾਰਿ ॥੩॥ ਗ੍ਰਿਹੁ ਮੰਦਰ ਮਹਲਾ ਜੋ ਦੀਸਹਿ ਨਾ ਕੋਈ ਸੰਗਾਰਿ ॥ ਜਬ ਲਗੁ ਜੀਵਹਿ ਕਲੀ ਕਾਲ ਮਹਿ ਜਨ ਨਾਨਕ ਨਾਮੁ ਸਮ੍ਾਰਿ ॥੪॥੩੭॥ {ਪੰਨਾ 379}

ਪਦਅਰਥ:- ਅਵਿਗਤੁ—{A0X#q} ਅਦ੍ਰਿਸ਼ਟ । ਅਗੋਚਰੁ—{ਅ-ਗੋ-ਚਰੁ} ਜੋ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ । ਆਕਾਰੁ—ਦਿੱਸਦਾ ਸੰਸਾਰ । ਕਰਹ—ਅਸੀ ਕਰੀਏ । ਤੁਝੈ ਮਝਾਰਿ—ਤੇਰੇ (ਹੁਕਮ ਦੇ) ਅੰਦਰ ।੧।

ਲੀਲਾ—ਖੇਡ, ਚੋਜ । ਧਾਰਿ—ਧਾਰ ਕੇ, ਕਰ ਕੇ । ਅਗਮ—{AgMX} ਅਪਹੁੰਚ ।੧।ਰਹਾਉ।

ਜਨਨਿ—ਮਾਂ । ਜਠਰ—ਪੇਟ । ਅਧਾਰਿ—ਆਸਰੇ । ਸਾਸਿ ਸਾਸਿ—ਹਰੇਕ ਸਾਹ ਦੇ ਨਾਲ । ਅਗਨਾਰਿ—ਅੱਗ ।੨।

ਦਾਰਾ—ਇਸਤ੍ਰੀ । ਨਿਵਾਰਿ—ਦੂਰ ਕਰ । ਕਮਲ—ਕੌਲ-ਫੁੱਲ । ਸੇਵੀ—ਸੇਵੀਂ, ਮੈਂ ਸੇਵਾ ਕਰਾਂ । ਰਿਦ—ਹਿਰਦਾ । ਆਧਾਰਿ—ਆਸਰੇ ਨਾਲ ।੩।

ਸੰਗਾਰਿ—ਸੰਗ ਜਾਣ ਵਾਲਾ । ਜੀਵਹਿ—ਤੂੰ ਜੀਊਂਦਾ ਹੈਂ । ਕਲੀ ਕਾਲ ਮਹਿ—ਜਗਤ ਵਿਚ {ਨੋਟ:- ਸਾਧਾਰਣ ਹਾਲਤ ਵਿਚ 'ਕਲਿਜੁਗ' ਵਰਤਿਆ ਹੈ ਕਿਉਂਕਿ ਜਿਸ ਜੁਗ ਵਿਚ ਸਤਿਗੁਰੂ ਜੀ ਆਏ ਉਸ ਦਾ ਨਾਮ 'ਕਲਿਜੁਗ' ਪ੍ਰਸਿਧ ਹੈ । ਇਥੇ 'ਕਲੀ-ਕਾਲ' ਤੋਂ ਭਾਵ ਹੈ 'ਸੰਸਾਰ, ਜਗਤ'} । ਸਮ੍ਾਰਿ—ਸੰਭਾਲ, ਹਿਰਦੇ ਵਿਚ ਪ੍ਰੋ ਰੱਖ ।੪।

ਅਰਥ:- ਹੇ ਮੇਰੇ ਸਤਿਗੁਰ! ਹੇ ਮੇਰੇ ਅਪਹੁੰਚ ਤੇ ਬੇਅੰਤ ਠਾਕੁਰ! ਆਪਣੇ ਬੱਚਿਆਂ ਨੂੰ ਆਪਣਾ ਕੌਤਕ ਵਰਤਾ ਕੇ (ਵਿਕਾਰਾਂ ਤੋਂ) ਬਚਾਈ ਰੱਖ । ਮੈਨੂੰ ਸੁਚੱਜੀ ਮਤਿ ਦੇਹ ਮੈਂ ਸਦਾ ਤੇਰੇ ਗੁਣ ਗਾਂਦਾ ਰਹਾਂ ।੧।ਰਹਾਉ।

(ਹੇ ਠਾਕੁਰ!) ਤੂੰ ਬੇਅੰਤ ਹੈਂ ਤੂੰ ਅਦ੍ਰਿਸ਼ਟ ਹੈਂ, ਤੂੰ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈਂ, ਇਹ ਦਿੱਸਦਾ ਜਗਤ ਸਾਰਾ ਤੇਰਾ ਹੀ ਰਚਿਆ ਹੋਇਆ ਹੈ । ਅਸੀ ਤੇਰੇ ਪੈਦਾ ਕੀਤੇ ਹੋਏ ਜੀਵ ਤੇਰੇ ਸਾਹਮਣੇ ਆਪਣੀ ਲਿਆਕਤ ਦਾ ਕੀਹ ਵਿਖਾਵਾ ਕਰ ਸਕਦੇ ਹਾਂ? ਜੋ ਕੁਝ ਹੋ ਰਿਹਾ ਹੈ ਸਭ ਤੇਰੇ ਹੁਕਮ ਅੰਦਰ ਹੋ ਰਿਹਾ ਹੈ ।੧।

(ਹੇ ਠਾਕੁਰ! ਇਹ ਤੇਰਾ ਹੀ ਚੋਜ ਹੈ ਜਿਵੇਂ) ਜੀਵ ਮਾਂ ਦੇ ਪੇਟ ਵਿਚ ਰਹਿੰਦਾ ਹੋਇਆ ਤੇਰੇ ਨਾਮ ਦੇ ਆਸਰੇ ਜੀਊਂਦਾ ਹੈ (ਮਾਂ ਦੇ ਪੇਟ ਵਿਚ) ਉਹ ਹਰੇਕ ਸਾਹ ਦੇ ਨਾਲ (ਤੇਰਾ ਨਾਮ) ਯਾਦ ਕਰਦਾ ਹੈ ਤੇ ਆਤਮਕ ਆਨੰਦ ਮਾਣਦਾ ਹੈ ਉਸ ਨੂੰ ਮਾਂ ਦੇ ਪੇਟ ਦੀ ਅੱਗ ਸੇਕ ਨਹੀਂ ਅਪੜਾ ਸਕਦੀ ।੨।

(ਹੇ ਠਾਕੁਰ! ਜਿਵੇਂ ਤੂੰ ਮਾਂ ਦੇ ਪੇਟ ਵਿਚ ਰੱਖਿਆ ਕਰਦਾ ਹੈਂ ਤਿਵੇਂ ਹੁਣ ਭੀ) ਪਰਾਇਆ ਧਨ, ਪਰਾਈ ਇਸਤ੍ਰੀ, ਪਰਾਈ ਨਿੰਦਾ—ਇਹਨਾਂ ਵਿਕਾਰਾਂ ਨਾਲੋਂ ਮੇਰੀ ਪ੍ਰੀਤਿ ਦੂਰ ਕਰ । (ਮੇਹਰ ਕਰ) ਪੂਰੇ ਗੁਰੂ ਦਾ ਆਸਰਾ ਲੈ ਕੇ ਮੈਂ ਤੇਰੇ ਸੋਹਣੇ ਚਰਨਾਂ ਦਾ ਧਿਆਨ ਆਪਣੇ ਹਿਰਦੇ ਵਿਚ ਟਿਕਾਈ ਰੱਖਾਂ ।੩।

ਹੇ ਦਾਸ ਨਾਨਕ! (ਆਖ—ਹੇ ਭਾਈ!) ਘਰ ਮੰਦਰ ਮਹਲ-ਮਾੜੀਆਂ ਜੇਹੜੇ ਭੀ ਤੈਨੂੰ ਦਿੱਸ ਰਹੇ ਹਨ ਇਹਨਾਂ ਵਿਚੋਂ ਕੋਈ ਭੀ ਤੇਰੇ ਨਾਲ (ਅੰਤ ਵੇਲੇ) ਨਹੀਂ ਜਾਇਗਾ । (ਇਸ ਵਾਸਤੇ) ਜਦ ਤਕ ਤੂੰ ਜਗਤ ਵਿਚ ਜੀਊਂਦਾ ਹੈਂ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਪ੍ਰੋ ਰੱਖ (ਇਹੀ ਅਸਲੀ ਸਾਥੀ ਹੈ) ।੪।੩੭।

ਨੋਟ:- ਇਹਨਾਂ ਤਿੰਨ ਸ਼ਬਦਾਂ ਦੇ ਸ਼ੁਰੂ ਵਿਚ ਇਹ ਨਹੀਂ ਦੱਸਿਆ ਗਿਆ ਕਿ ਇਹਨਾਂ ਨੂੰ ਕਿਸ 'ਘਰ' ਵਿਚ ਗਾਵਣਾ ਹੈ । ਪਹਿਲੇ ੩੪ ਸ਼ਬਦ 'ਘਰੁ ੨' ਦੇ ਸਨ । ਅਗਾਂਹ 'ਘਰੁ ੩' ਚੱਲ ਪਿਆ ਹੈ ।

ਆਸਾ ਘਰੁ ੩ ਮਹਲਾ ੫ ੴ ਸਤਿਗੁਰ ਪ੍ਰਸਾਦਿ ॥ ਰਾਜ ਮਿਲਕ ਜੋਬਨ ਗ੍ਰਿਹ ਸੋਭਾ ਰੂਪਵੰਤੁ ਜੋੁਆਨੀ ॥ ਬਹੁਤੁ ਦਰਬੁ ਹਸਤੀ ਅਰੁ ਘੋੜੇ ਲਾਲ ਲਾਖ ਬੈ ਆਨੀ ॥ ਆਗੈ ਦਰਗਹਿ ਕਾਮਿ ਨ ਆਵੈ ਛੋਡਿ ਚਲੈ ਅਭਿਮਾਨੀ ॥੧॥ ਕਾਹੇ ਏਕ ਬਿਨਾ ਚਿਤੁ ਲਾਈਐ ॥ ਊਠਤ ਬੈਠਤ ਸੋਵਤ ਜਾਗਤ ਸਦਾ ਸਦਾ ਹਰਿ ਧਿਆਈਐ ॥੧॥ ਰਹਾਉ ॥ ਮਹਾ ਬਚਿਤ੍ਰ ਸੁੰਦਰ ਆਖਾੜੇ ਰਣ ਮਹਿ ਜਿਤੇ ਪਵਾੜੇ ॥ ਹਉ ਮਾਰਉ ਹਉ ਬੰਧਉ ਛੋਡਉ ਮੁਖ ਤੇ ਏਵ ਬਬਾੜੇ ॥ ਆਇਆ ਹੁਕਮੁ ਪਾਰਬ੍ਰਹਮ ਕਾ ਛੋਡਿ ਚਲਿਆ ਏਕ ਦਿਹਾੜੇ ॥੨॥ ਕਰਮ ਧਰਮ ਜੁਗਤਿ ਬਹੁ ਕਰਤਾ ਕਰਣੈਹਾਰੁ ਨ ਜਾਨੈ ॥ ਉਪਦੇਸੁ ਕਰੈ ਆਪਿ ਨ ਕਮਾਵੈ ਤਤੁ ਸਬਦੁ ਨ ਪਛਾਨੈ ॥ ਨਾਂਗਾ ਆਇਆ ਨਾਂਗੋ ਜਾਸੀ ਜਿਉ ਹਸਤੀ ਖਾਕੁ ਛਾਨੈ ॥੩॥ ਸੰਤ ਸਜਨ ਸੁਨਹੁ ਸਭਿ ਮੀਤਾ ਝੂਠਾ ਏਹੁ ਪਸਾਰਾ ॥ ਮੇਰੀ ਮੇਰੀ ਕਰਿ ਕਰਿ ਡੂਬੇ ਖਪਿ ਖਪਿ ਮੁਏ ਗਵਾਰਾ ॥ ਗੁਰ ਮਿਲਿ ਨਾਨਕ ਨਾਮੁ ਧਿਆਇਆ ਸਾਚਿ ਨਾਮਿ ਨਿਸਤਾਰਾ ॥੪॥੧॥੩੮॥ {ਪੰਨਾ 379-380}

ਪਦਅਰਥ:- ਮਿਲਕ—ਜੀਵਨ, ਭੁਇਂ । ਗ੍ਰਿਹ—ਘਰ । ਰੂਪਵੰਤੁ—ਰੂਪ ਵਾਲਾ । ਜੋੁਆਨੀ—{ਅਸਲ ਲਫ਼ਜ਼ 'ਜੁਆਨੀ' ਹੈ, ਇਥੇ 'ਜੋਆਨੀ' ਪੜ੍ਹਨਾ ਹੈ} । ਦਰਬੁ—ਧਨ {d̀0X} । ਹਸਤੀ—ਹਾਥੀ । ਬੈ—ਮੁੱਲ ਖ਼ਰੀਦ ਕੇ । ਆਨੀ—ਲੈ ਆਂਦੇ । ਕਾਮਿ—ਕੰਮ ਵਿਚ ।੧।

ਕਾਹੇ—ਕਿਉਂ? ।੧।ਰਹਾਉ।

ਬਚਿਤ੍ਰ—ਅਸਚਰਜ । ਆਖਾੜੇ—ਪਿੜ । ਜਿਤੇ—ਜਿੱਤ ਲਏ । ਪਵਾੜੇ—ਝਗੜੇ । ਹਉ—ਮੈਂ । ਬੰਧਉ—ਮੈਂ ਬੰਨ੍ਹਦਾ ਹਾਂ । ਛੋਡਉ—ਛੋਡਉਂ, ਮੈਂ ਛੱਡਦਾ ਹਾਂ । ਏਵ—ਇਸ ਤਰ੍ਹਾਂ । ਤੇ—ਤੋਂ । ਬਬਾੜੇ—ਬਕਦਾ ਹੈ, ਵਾਹੀ-ਤਬਾਹੀ ਬੋਲਦਾ ਹੈ ।੨।

ਜੁਗਤਿ ਬਹੁ—ਅਨੇਕਾਂ ਤਰੀਕਿਆਂ ਨਾਲ । ਜਾਸੀ—ਚਲਾ ਜਾਇਗਾ । ਖਾਕੁ—ਮਿੱਟੀ ।੩।

ਸਭਿ—ਸਾਰੇ । ਝੂਠਾ—ਨਾਸਵੰਤ । ਪਸਾਰਾ—ਖਿਲਾਰਾ । ਖਪਿ ਖਪਿ—ਖ਼ੁਆਰ ਹੋ ਹੋ ਕੇ । ਮਿਲਿ—ਮਿਲ ਕੇ । ਸਾਚਿ ਨਾਮਿ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ ਜੁੜਿਆਂ ।੪।

ਅਰਥ:- (ਹੇ ਭਾਈ!) ਇਕ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਵਿਚ ਪ੍ਰੀਤਿ ਨਹੀਂ ਜੋੜਨੀ ਚਾਹੀਦੀ । ਉਠਦਿਆਂ ਬੈਠਦਿਆਂ ਸੁੱਤਿਆਂ ਜਾਗਦਿਆਂ ਸਦਾ ਹੀ ਸਦਾ ਹੀ ਪਰਮਾਤਮਾ ਵਿਚ ਹੀ ਸੁਰਤਿ ਜੋੜੀ ਰੱਖਣੀ ਚਾਹੀਦੀ ਹੈ ।੧।ਰਹਾਉ।

(ਹੇ ਭਾਈ!) ਹਕੂਮਤਿ, ਜ਼ਮੀਨ ਦੀ ਮਾਲਕੀ, ਜੋਬਨ, ਘਰ, ਇੱਜ਼ਤ, ਸੁੰਦਰਤਾ, ਜੁਆਨੀ, ਬਹੁਤ ਧਨ, ਹਾਥੀ ਅਤੇ ਘੋੜੇ (ਜੇ ਇਹ ਸਭ ਕੁਝ ਕਿਸੇ ਮਨੁੱਖ ਦੇ ਪਾਸ ਹੋਵੇ), ਜੇ ਲੱਖਾਂ ਰੁਪਏ ਖ਼ਰਚ ਕੇ (ਕੀਮਤੀ) ਲਾਲ ਮੁੱਲ ਲੈ ਆਵੇ (ਤੇ ਇਹਨਾਂ ਪਦਾਰਥਾਂ ਦਾ ਮਾਣ ਕਰਦਾ ਰਹੇ), ਪਰ ਅਗਾਂਹ ਪਰਮਾਤਮਾ ਦੀ ਦਰਗਾਹ ਵਿਚ (ਇਹਨਾਂ ਵਿਚੋਂ ਕੋਈ ਭੀ ਚੀਜ਼) ਕੰਮ ਨਹੀਂ ਆਉਂਦੀ । (ਇਹਨਾਂ ਪਦਾਰਥਾਂ ਦਾ) ਮਾਣ ਕਰਨ ਵਾਲਾ ਮਨੁੱਖ (ਇਹਨਾਂ ਸਭਨਾਂ ਨੂੰ ਇਥੇ ਹੀ) ਛੱਡ ਕੇ (ਇਥੋਂ) ਤੁਰ ਪੈਂਦਾ ਹੈ ।੧।

ਜੇ ਕੋਈ ਮਨੁੱਖ ਬੜੇ ਅਸਚਰਜ ਸੋਹਣੇ ਪਿੜ (ਭਾਵ, ਕੁਸ਼ਤੀਆਂ) ਜਿੱਤਦਾ ਹੈ ਜੇ ਉਹ ਰਣਭੂਮੀ ਵਿਚ ਜਾ ਕੇ (ਬੜੇ ਬੜੇ) ਝਗੜੇ-ਲੜਾਈਆਂ ਜਿੱਤ ਲੈਂਦਾ ਹੈ ਤੇ ਆਪਣੇ ਮੂੰਹ ਇਉਂ ਵਾਹੀ-ਤਬਾਹੀ ਭੀ ਬੋਲਦਾ ਹੈ ਕਿ ਮੈਂ

(ਆਪਣੇ ਵੈਰੀਆਂ ਨੂੰ) ਮਾਰ ਸਕਦਾ ਹਾਂ ਮੈਂ (ਉਹਨਾਂ ਨੂੰ) ਬੰਨ੍ਹ ਸਕਦਾ ਹਾਂ (ਤੇ ਜੇ ਜੀ ਚਾਹੇ ਤਾਂ ਉਹਨਾਂ ਨੂੰ ਕੈਦ ਤੋਂ) ਛੱਡ ਭੀ ਸਕਦਾ ਹਾਂ (ਤਾਂ ਭੀ ਕੀਹ ਹੋਇਆ?) ਆਖ਼ਿਰ ਇਕ ਦਿਨ ਪਰਮਾਤਮਾ ਦਾ ਹੁਕਮ ਆਉਂਦਾ ਹੈ (ਮੌਤ ਆ ਜਾਂਦੀ ਹੈ, ਤੇ) ਇਹ ਸਭ ਕੁਝ ਛੱਡ ਕੇ ਇਥੋਂ ਤੁਰ ਪੈਂਦਾ ਹੈ ।੨।

ਜੇ ਕੋਈ ਮਨੁੱਖ (ਹੋਰਨਾਂ ਨੂੰ ਵਿਖਾਣ ਲਈ) ਅਨੇਕਾਂ ਕਿਸਮਾਂ ਦੇ (ਮਿਥੇ ਹੋਏ) ਧਾਰਮਿਕ ਕੰਮ ਕਰਦਾ ਹੋਵੇ ਪਰ ਸਿਰਜਣਹਾਰ ਪ੍ਰਭੂ ਨਾਲ ਸਾਂਝ ਨਾਹ ਪਾਏ, ਜੇ ਹੋਰਨਾਂ ਨੂੰ ਤਾਂ (ਧਰਮ ਦਾ) ਉਪਦੇਸ਼ ਕਰਦਾ ਰਹੇ ਪਰ ਆਪਣਾ ਧਾਰਮਿਕ ਜੀਵਨ ਨਾਹ ਬਣਾਏ, ਤੇ ਪਰਮਾਤਮਾ ਦੀ ਸਿਫ਼ਤਿ ਸਾਲਾਹ ਦੀ ਬਾਣੀ ਦੀ ਸਾਰ ਨ ਸਮਝੇ, ਤਾਂ ਉਹ ਖ਼ਾਲੀ-ਹੱਥ ਜਗਤ ਵਿਚ ਆਉਂਦਾ ਹੈ ਤੇ ਇਥੋਂ ਖ਼ਾਲੀ-ਹੱਥ ਹੀ ਤੁਰ ਪੈਂਦਾ ਹੈ (ਉਸ ਦੇ ਇਹ ਵਿਖਾਵੇ ਦੇ ਧਾਰਮਿਕ ਕੰਮ ਵਿਅਰਥ ਹੀ ਜਾਂਦੇ ਹਨ) ਜਿਵੇਂ ਹਾਥੀ (ਇਸ਼ਨਾਨ ਕਰ ਕੇ ਫਿਰ ਆਪਣੇ ਉਤੇ) ਮਿੱਟੀ ਪਾ ਲੈਂਦਾ ਹੈ ।੩।

ਹੇ ਸੰਤ ਜਨੋ! ਹੇ ਸੱਜਣੋ! ਹੇ ਮਿੱਤਰੋ! ਸਾਰੇ ਸੁਣ ਲਵੋ, ਇਹ ਸਾਰਾ ਜਗਤ-ਖਿਲਾਰਾ ਨਾਸਵੰਤ ਹੈ । ਜੇਹੜੇ ਮੂਰਖ ਨਿੱਤ ਇਹ ਆਖਦੇ ਰਹੇ ਕਿ ਇਹ ਮੇਰੀ ਮਾਇਆ ਹੈ ਇਹ ਮੇਰੀ ਜਾਇਦਾਦ ਹੈ ਉਹ (ਮਾਇਆ-ਮੋਹ ਦੇ ਸਮੁੰਦਰ ਵਿਚ) ਡੁੱਬੇ ਰਹੇ ਤੇ ਖ਼ੁਆਰ ਹੋ ਹੋ ਕੇ ਆਤਮਕ ਮੌਤ ਸਹੇੜਦੇ ਰਹੇ ।

ਹੇ ਨਾਨਕ! ਜਿਸ ਮਨੁੱਖ ਨੇ ਸਤਿਗੁਰੂ ਨੂੰ ਮਿਲ ਕੇ ਪਰਮਾਤਮਾ ਦਾ ਨਾਮ ਸਿਮਰਿਆ, ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ ਜੁੜ ਕੇ (ਇਸ ਸੰਸਾਰ-ਸਮੁੰਦਰ ਤੋਂ) ਉਸ ਦਾ ਪਾਰ-ਉਤਾਰਾ ਹੋ ਗਿਆ ।੪।੧।੩੮।

ਨੋਟ:- 'ਘਰੁ ੩' ਦਾ ਇਹ ਪਹਿਲਾ ਸ਼ਬਦ ਹੈ ਹੁਣ ਤਕ ਕੁੱਲ ੩੮ ਸ਼ਬਦ ਮਹਲਾ ੫ ਦੇ ਆ ਚੁਕੇ ਹਨ ।

ਰਾਗੁ ਆਸਾ ਘਰੁ ੫ ਮਹਲਾ ੫ ੴ ਸਤਿਗੁਰ ਪ੍ਰਸਾਦਿ ॥ ਭ੍ਰਮ ਮਹਿ ਸੋਈ ਸਗਲ ਜਗਤ ਧੰਧ ਅੰਧ ॥ ਕੋਊ ਜਾਗੈ ਹਰਿ ਜਨੁ ॥੧॥ ਮਹਾ ਮੋਹਨੀ ਮਗਨ ਪ੍ਰਿਅ ਪ੍ਰੀਤਿ ਪ੍ਰਾਨ ॥ ਕੋਊ ਤਿਆਗੈ ਵਿਰਲਾ ॥੨॥ ਚਰਨ ਕਮਲ ਆਨੂਪ ਹਰਿ ਸੰਤ ਮੰਤ ॥ ਕੋਊ ਲਾਗੈ ਸਾਧੂ ॥੩॥ ਨਾਨਕ ਸਾਧੂ ਸੰਗਿ ਜਾਗੇ ਗਿਆਨ ਰੰਗਿ ॥ ਵਡਭਾਗੇ ਕਿਰਪਾ ॥੪॥੧॥੩੯॥ {ਪੰਨਾ 380}

ਪਦਅਰਥ:- ਭ੍ਰਮ—ਭਟਕਣ । ਸੋਈ—ਸੁੱਤੀ ਹੋਈ । ਸਗਲ—ਸਾਰੀ (ਲੁਕਾਈ) । ਅੰਧ—ਅੰਨ੍ਹੀ । ਕੋਊ—ਕੋਈ ਵਿਰਲਾ ।੧।

ਮੋਹਨੀ—ਮਨ ਨੂੰ ਮੋਹ ਲੈਣ ਵਾਲੀ ਮਾਇਆ । ਮਗਨ—ਮਸਤ । ਪ੍ਰਿਅ—ਪਿਆਰੀ । ਪ੍ਰਾਨ—ਜਿੰਦ ।੨।

ਆਨੂਪ—ਸੁੰਦਰ । ਮੰਤ—ਉਪਦੇਸ਼ । ਸਾਧੂ—ਗੁਰਮੁਖਿ ਮਨੁੱਖ ।੩।

ਸੰਗਿ—ਸੰਗਤਿ ਵਿਚ । ਸਾਧੂ—ਗੁਰੂ । ਰੰਗਿ—ਰੰਗ ਵਿਚ ।੪।

ਅਰਥ:- (ਹੇ ਭਾਈ!) ਜਗਤ ਦੇ ਧੰਧਿਆਂ ਵਿਚ ਅੰਨ੍ਹੀ ਹੋਈ ਹੋਈ ਸਾਰੀ ਲੁਕਾਈ ਮਾਇਆ ਦੀ ਭਟਕਣਾ ਵਿਚ ਸੁੱਤੀ ਹੋਈ ਹੈ । ਕੋਈ ਵਿਰਲਾ ਪਰਮਾਤਮਾ ਦਾ ਭਗਤ (ਇਸ ਮੋਹ ਦੀ ਨੀਂਦ ਵਿਚੋਂ) ਜਾਗ ਰਿਹਾ ਹੈ ।੧।

(ਹੇ ਭਾਈ!) ਮਨ ਨੂੰ ਮੋਹ ਲੈਣ ਵਾਲੀ ਬਲੀ ਮਾਇਆ ਵਿਚ ਲੁਕਾਈ ਮਸਤ ਪਈ ਹੈ, (ਮਾਇਆ ਨਾਲ ਇਹ) ਪ੍ਰੀਤ ਜਿੰਦ ਨਾਲੋਂ ਭੀ ਪਿਆਰੀ ਲੱਗ ਰਹੀ ਹੈ । ਕੋਈ ਵਿਰਲਾ ਮਨੁੱਖ (ਮਾਇਆ ਦੀ ਇਸ ਪ੍ਰੀਤਿ ਨੂੰ) ਛੱਡਦਾ ਹੈ ।੨।

(ਹੇ ਭਾਈ!) ਪਰਮਾਤਮਾ ਦੇ ਸੋਹਣੇ ਸੁੰਦਰ ਚਰਨਾਂ ਵਿਚ, ਸੰਤ ਜਨਾਂ ਦੇ ਉਪਦੇਸ਼ ਵਿਚ, ਕੋਈ ਵਿਰਲਾ ਗੁਰਮੁਖਿ ਮਨੁੱਖ ਚਿੱਤ ਜੋੜਦਾ ਹੈ ।੩।

ਹੇ ਨਾਨਕ! ਕੋਈ ਭਾਗਾਂ ਵਾਲਾ ਮਨੁੱਖ ਜਿਸ ਉਤੇ ਪ੍ਰਭੂ ਦੀ ਕਿਰਪਾ ਹੋ ਜਾਏ, ਗੁਰੂ ਦੀ ਸੰਗਤਿ ਵਿਚ ਆ ਕੇ (ਗੁਰੂ ਦੇ ਬਖ਼ਸ਼ੇ) ਗਿਆਨ ਦੇ ਰੰਗ ਵਿਚ (ਰੰਗੀਜ ਕੇ, ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਜਾਗਦਾ ਰਹਿੰਦਾ ਹੈ ।੪।੧।੩੯।

ਨੋਟ:- 'ਘਰੁ ੫' ਦਾ ਇਹ ਪਹਿਲਾ ਸ਼ਬਦ ਹੈ । ਮਹਲਾ ੫ ਦੇ ਕੁਲ ਸ਼ਬਦ ੩੯ ਆ ਚੁਕੇ ਹਨ ।

ੴ ਸਤਿਗੁਰ ਪ੍ਰਸਾਦਿ ॥ ਰਾਗੁ ਆਸਾ ਘਰੁ ੬ ਮਹਲਾ ੫ ॥ ਜੋ ਤੁਧੁ ਭਾਵੈ ਸੋ ਪਰਵਾਨਾ ਸੂਖੁ ਸਹਜੁ ਮਨਿ ਸੋਈ ॥ ਕਰਣ ਕਾਰਣ ਸਮਰਥ ਅਪਾਰਾ ਅਵਰੁ ਨਾਹੀ ਰੇ ਕੋਈ ॥੧॥ ਤੇਰੇ ਜਨ ਰਸਕਿ ਰਸਕਿ ਗੁਣ ਗਾਵਹਿ ॥ ਮਸਲਤਿ ਮਤਾ ਸਿਆਣਪ ਜਨ ਕੀ ਜੋ ਤੂੰ ਕਰਹਿ ਕਰਾਵਹਿ ॥੧॥ ਰਹਾਉ ॥ ਅੰਮ੍ਰਿਤੁ ਨਾਮੁ ਤੁਮਾਰਾ ਪਿਆਰੇ ਸਾਧਸੰਗਿ ਰਸੁ ਪਾਇਆ ॥ ਤ੍ਰਿਪਤਿ ਅਘਾਇ ਸੇਈ ਜਨ ਪੂਰੇ ਸੁਖ ਨਿਧਾਨੁ ਹਰਿ ਗਾਇਆ ॥੨॥ ਜਾ ਕਉ ਟੇਕ ਤੁਮ੍ਾਰੀ ਸੁਆਮੀ ਤਾ ਕਉ ਨਾਹੀ ਚਿੰਤਾ ॥ ਜਾ ਕਉ ਦਇਆ ਤੁਮਾਰੀ ਹੋਈ ਸੇ ਸਾਹ ਭਲੇ ਭਗਵੰਤਾ ॥੩॥ ਭਰਮ ਮੋਹ ਧ੍ਰੋਹ ਸਭਿ ਨਿਕਸੇ ਜਬ ਕਾ ਦਰਸਨੁ ਪਾਇਆ ॥ ਵਰਤਣਿ ਨਾਮੁ ਨਾਨਕ ਸਚੁ ਕੀਨਾ ਹਰਿ ਨਾਮੇ ਰੰਗਿ ਸਮਾਇਆ ॥੪॥੧॥੪੦॥ {ਪੰਨਾ 380}

ਪਦਅਰਥ:- ਪਰਵਾਨਾ—ਕਬੂਲ । ਸਹਜੁ—ਆਤਮਕ ਅਡੋਲਤਾ । ਮਨਿ—ਮਨ ਵਿਚ । ਸੋਈ—ਉਹੀ, (ਪਰਮਾਤਮਾ ਦੀ ਰਜ਼ਾ ਮੰਨਣਾ ਹੀ) । ਰੇ—ਹੇ ਭਾਈ! ।੧।

ਰਸਕਿ—ਰਸ ਲੈ ਲੈ ਕੇ, ਸੁਆਦ ਨਾਲ । ਗਾਵਹਿ—ਗਾਂਦੇ ਹਨ । ਮਸਲਤਿ—ਸਲਾਹ-ਮਸ਼ਵਰਾ । ਮਤਾ—ਫ਼ੈਸਲਾ ।੧।ਰਹਾਉ।

ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ । ਤ੍ਰਿਪਤਿ—ਤ੍ਰਿਪਤੀ, ਸੰਤੋਖ, ਰੱਜ । ਅਘਾਇ—ਰੱਜ ਕੇ । ਨਿਧਾਨੁ—ਖ਼ਜ਼ਾਨਾ ।੨।

ਕਉ—ਨੂੰ । ਟੇਕ—ਆਸਰਾ । ਭਗਵੰਤਾ—ਭਾਗਾਂ ਵਾਲੇ ।੩।

ਭਰਮ—ਭਟਕਣ । ਧ੍ਰੋਹ—ਠੱਗੀ । ਸਭਿ—ਸਾਰੇ । ਨਿਕਸੇ—ਨਿਕਲ ਗਏ । ਸਚੁ—ਸਦਾ ਕਾਇਮ ਰਹਿਣ ਵਾਲਾ । ਨਾਮੇ—ਨਾਮ ਵਿਚ ਹੀ । ਰੰਗਿ—ਪ੍ਰੇਮ ਨਾਲ ।੪।

ਅਰਥ:- (ਹੇ ਪ੍ਰਭੂ!) ਤੇਰੇ ਦਾਸ ਮੁੜ ਮੁੜ ਸੁਆਦ ਨਾਲ ਤੇਰੇ ਗੁਣ ਗਾਂਦੇ ਰਹਿੰਦੇ ਹਨ । ਜੋ ਕੁਝ ਤੂੰ ਆਪ ਕਰਦਾ ਹੈਂ ਜੋ ਕੁਝ ਜੀਵਾਂ ਪਾਸੋਂ ਕਰਾਂਦਾ ਹੈਂ (ਉਸ ਨੂੰ ਸਿਰ-ਮੱਥੇ ਤੇ ਮੰਨਣਾ ਹੀ) ਤੇਰੇ ਦਾਸਾਂ ਵਾਸਤੇ ਸਿਆਣਪ ਹੈ (ਆਤਮਕ ਜੀਵਨ ਦੀ ਅਗਵਾਈ ਲਈ) ਸਲਾਹ-ਮਸ਼ਵਰਾ ਤੇ ਫ਼ੈਸਲਾ ਹੈ ।੧।ਰਹਾਉ।

ਹੇ ਪ੍ਰਭੂ! ਜੋ ਕੁਝ ਤੈਨੂੰ ਚੰਗਾ ਲੱਗਦਾ ਹੈ ਉਹ ਤੇਰੇ ਸੇਵਕਾਂ ਨੂੰ (ਸਿਰ-ਮੱਥੇ ਉੱਤੇ) ਪਰਵਾਨ ਹੁੰਦਾ ਹੈ, ਤੇਰੀ ਰਜ਼ਾ ਹੀ ਉਹਨਾਂ ਦੇ ਮਨ ਵਿਚ ਆਨੰਦ ਤੇ ਆਤਮਕ ਅਡੋਲਤਾ ਪੈਦਾ ਕਰਦੀ ਹੈ । ਹੇ ਪ੍ਰਭੂ! ਤੈਨੂੰ ਹੀ ਤੇਰੇ ਦਾਸ ਸਭ ਕੁਝ ਕਰਨ ਅਤੇ ਜੀਵਾਂ ਪਾਸੋਂ ਕਰਾਣ ਦੀ ਤਾਕਤ ਰੱਖਣ ਵਾਲਾ ਮੰਨਦੇ ਹਨ, ਤੂੰ ਹੀ ਉਹਨਾਂ ਦੀ ਨਿਗਾਹ ਵਿਚ ਬੇਅੰਤ ਹੈਂ ।

ਹੇ ਭਾਈ! ਪਰਮਾਤਮਾ ਦੇ ਦਾਸਾਂ ਨੂੰ ਪਰਮਾਤਮਾ ਦੇ ਬਰਾਬਰ ਦਾ ਹੋਰ ਕੋਈ ਨਹੀਂ ਦਿੱਸਦਾ ।੧।

ਹੇ ਪਿਆਰੇ ਪ੍ਰਭੂ! ਤੇਰੇ ਦਾਸਾਂ ਵਾਸਤੇ ਤੇਰਾ ਨਾਮ ਆਤਮਕ ਜੀਵਨ ਦੇਣ ਵਾਲਾ ਹੈ, ਸਾਧ ਸੰਗਤਿ ਵਿਚ ਬੈਠ ਕੇ ਉਹ (ਤੇਰੇ ਨਾਮ ਦਾ) ਰਸ ਮਾਣਦੇ ਹਨ । (ਹੇ ਭਾਈ!) ਜਿਨ੍ਹਾਂ ਨੇ ਸੁਖਾਂ ਦੇ ਖ਼ਜ਼ਾਨੇ ਹਰੀ ਦੀ ਸਿਫ਼ਤਿ-ਸਾਲਾਹ ਕੀਤੀ ਉਹ ਮਨੁੱਖ ਗੁਣਾਂ ਨਾਲ ਭਰਪੂਰ ਹੋ ਗਏ ਉਹੀ ਮਨੁੱਖ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਗਏ ਤ੍ਰਿਪਤ ਹੋ ਗਏ ।੨।

ਹੇ ਪ੍ਰਭੂ! ਹੇ ਸੁਆਮੀ! ਜਿਨ੍ਹਾਂ ਮਨੁੱਖਾਂ ਨੂੰ ਤੇਰਾ ਆਸਰਾ ਹੈ ਉਹਨਾਂ ਨੂੰ ਕੋਈ ਚਿੰਤਾ ਪੋਹ ਨਹੀਂ ਸਕਦੀ । ਹੇ ਸੁਆਮੀ! ਜਿਨ੍ਹਾਂ ਉਤੇ ਤੇਰੀ ਮੇਹਰ ਹੁੰਦੀ ਹੈ ਉਹ (ਨਾਮ-ਧਨ ਨਾਲ) ਸਾਹੂਕਾਰ ਬਣ ਗਏ ਉਹ ਭਾਗਾਂ ਵਾਲੇ ਬਣ ਗਏ ।੩।

ਹੇ ਨਾਨਕ! (ਆਖ—) ਜਦੋਂ ਹੀ ਕੋਈ ਮਨੁੱਖ ਪਰਮਾਤਮਾ ਦਾ ਦਰਸ਼ਨ ਕਰ ਲੈਂਦਾ ਹੈ (ਉਸ ਦੇ ਅੰਦਰੋਂ) ਭਟਕਣਾ ਮੋਹ, ਠੱਗੀਆਂ ਆਦਿਕ ਸਾਰੇ ਵਿਕਾਰ ਨਿਕਲ ਜਾਂਦੇ ਹਨ । ਉਹ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਾਮਤਮਾ ਦੇ ਨਾਮ ਨੂੰ ਆਪਣੀ ਰੋਜ਼ ਦੀ ਵਰਤਣ ਬਣਾ ਲੈਂਦਾ ਹੈ, ਉਹ ਪ੍ਰਭੂ ਦੇ ਪ੍ਰੇਮ-ਰੰਗ ਵਿਚ (ਰੰਗੀਜ ਕੇ) ਪਰਮਾਤਮਾ ਦੇ ਨਾਮ ਵਿਚ ਹੀ ਲੀਨ ਰਹਿੰਦਾ ਹੈ ।੪।੧।੪੦।

ਨੋਟ:- 'ਘਰੁ ੬' ਦੇ ਨਵੇਂ ਸੰਗ੍ਰਹ ਦਾ ਇਹ ਪਹਿਲਾ ਸ਼ਬਦ ਹੈ ।

ਆਸਾ ਮਹਲਾ ੫ ॥ ਜਨਮ ਜਨਮ ਕੀ ਮਲੁ ਧੋਵੈ ਪਰਾਈ ਆਪਣਾ ਕੀਤਾ ਪਾਵੈ ॥ ਈਹਾ ਸੁਖੁ ਨਹੀ ਦਰਗਹ ਢੋਈ ਜਮ ਪੁਰਿ ਜਾਇ ਪਚਾਵੈ ॥੧॥ ਨਿੰਦਕਿ ਅਹਿਲਾ ਜਨਮੁ ਗਵਾਇਆ ॥ ਪਹੁਚਿ ਨ ਸਾਕੈ ਕਾਹੂ ਬਾਤੈ ਆਗੈ ਠਉਰ ਨ ਪਾਇਆ ॥੧॥ ਰਹਾਉ ॥ ਕਿਰਤੁ ਪਇਆ ਨਿੰਦਕ ਬਪੁਰੇ ਕਾ ਕਿਆ ਓਹੁ ਕਰੈ ਬਿਚਾਰਾ ॥ ਤਹਾ ਬਿਗੂਤਾ ਜਹ ਕੋਇ ਨ ਰਾਖੈ ਓਹੁ ਕਿਸੁ ਪਹਿ ਕਰੇ ਪੁਕਾਰਾ ॥੨॥ ਨਿੰਦਕ ਕੀ ਗਤਿ ਕਤਹੂੰ ਨਾਹੀ ਖਸਮੈ ਏਵੈ ਭਾਣਾ ॥ ਜੋ ਜੋ ਨਿੰਦ ਕਰੇ ਸੰਤਨ ਕੀ ਤਿਉ ਸੰਤਨ ਸੁਖੁ ਮਾਨਾ ॥੩॥ ਸੰਤਾ ਟੇਕ ਤੁਮਾਰੀ ਸੁਆਮੀ ਤੂੰ ਸੰਤਨ ਕਾ ਸਹਾਈ ॥ ਕਹੁ ਨਾਨਕ ਸੰਤ ਹਰਿ ਰਾਖੇ ਨਿੰਦਕ ਦੀਏ ਰੁੜਾਈ ॥੪॥੨॥੪੧॥ {ਪੰਨਾ 380-381}

ਪਦਅਰਥ:- ਮਲੁ—ਪਾਪਾਂ ਦੀ ਮੈਲ । ਪਰਾਈ—ਹੋਰਨਾਂ ਦੀ । ਈਹਾ—ਇਸ ਲੋਕ ਵਿਚ । ਢੋਈ—ਆਸਰਾ, ਟਿਕਾਣਾ । ਜਮਪੁਰਿ—ਜਮ ਦੇ ਨਗਰ ਵਿਚ । ਜਾਇ—ਜਾ ਕੇ । ਪਚਾਵੈ—ਖ਼ੁਆਰ ਹੁੰਦਾ ਹੈ, ਦੁੱਖੀ ਹੁੰਦਾ ਹੈ ।੧।

ਨਿੰਦਕਿ—ਨਿੰਦਕ ਨੇ । ਅਹਿਲਾ—ਕੀਮਤੀ । ਕਾਹੂ ਬਾਤੈ—ਕਿਸੇ ਭੀ ਗੱਲ ਵਿਚ । ਆਗੈ—ਪਰਲੋਕ ਵਿਚ ।੧।ਰਹਾਉ।

ਕਿਰਤੁ—ਪਿਛਲੇ ਜਨਮਾਂ ਵਿਚ ਕੀਤੇ ਮੰਦ ਕਰਮਾਂ ਦੇ ਸੰਸਕਾਰਾਂ ਦਾ ਇਕੱਠ । ਪਇਆ—ਪੇਸ਼ ਪਿਆ, ਉੱਘੜ ਆਇਆ । ਬਪੁਰਾ—ਵਿਚਾਰਾ, ਬਦ-ਨਸੀਬ, ਮੰਦ-ਭਾਗੀ । ਤਹਾ—ਉਸ ਥਾਂ, ਉਸ ਨਿੱਘਰੀ ਆਤਮਕ ਅਵਸਥਾ ਵਿਚ । ਬਿਗੂਤਾ—ਖ਼ੁਆਰ ਹੁੰਦਾ ਹੈ । ਪਹਿ—ਪਾਸ ।੨।

ਗਤਿ—ਉੱਚੀ ਆਤਮਕ ਅਵਸਥਾ । ਕਤ ਹੂੰ—ਕਿਤੇ ਭੀ । ਏਵੈਂ—ਇਉਂ ਹੀ ।੩।

ਸਹਾਈ—ਮਦਦਗਾਰ ।੪।

ਅਰਥ:– (ਹੇ ਭਾਈ!) ਸੰਤਾਂ ਦੀ ਨਿੰਦਾ ਕਰਨ ਵਾਲੇ ਮਨੁੱਖ ਨੇ (ਨਿੰਦਾ ਦੇ ਕਾਰਨ ਆਪਣਾ) ਕੀਮਤੀ ਮਨੁੱਖਾ ਜਨਮ ਗਵਾ ਲਿਆ। (ਸੰਤਾਂ ਦੀ ਨਿੰਦਾ ਕਰ ਕੇ ਉਹ ਇਹ ਆਸ ਕਰਦਾ ਹੈ ਕਿ ਉਹਨਾਂ ਨੂੰ ਦੁਨੀਆ ਦੀਆਂ ਨਜ਼ਰਾਂ ਵਿਚ ਡੇਗ ਕੇ ਮੈਂ ਉਹਨਾਂ ਦੇ ਥਾਂ ਆਦਰ-ਸਤਕਾਰ ਹਾਸਲ ਕਰ ਲਵਾਂਗਾ, ਪਰ ਉਹ ਨਿੰਦਕ) ਕਿਸੇ ਗੱਲੇ ਭੀ (ਸੰਤ ਜਨਾਂ) ਦੀ ਬਰਾਬਰੀ ਨਹੀਂ ਕਰ ਸਕਦਾ, (ਨਿੰਦਾ ਦੇ ਕਾਰਨ) ਅਗਾਂਹ ਪਰਲੋਕ ਵਿਚ ਭੀ ਉਸ ਨੂੰ ਆਦਰ ਦੀ ਥਾਂ ਨਹੀਂ ਮਿਲਦੀ।੧।ਰਹਾਉ।

(ਨਿੰਦਕ) ਦੂਜਿਆਂ ਦੀ ਅਨੇਕਾਂ ਜਨਮਾਂ ਦੇ ਕੀਤੇ ਵਿਕਾਰਾਂ ਦੀ ਮੈਲ ਧੋਂਦਾ ਹੈ (ਤੇ ਉਹ ਮੈਲ ਉਹ ਆਪਣੇ ਮਨ ਦੇ ਅੰਦਰ ਸੰਸਕਾਰਾਂ ਦੇ ਰੂਪ ਵਿਚ ਇਕੱਠੀ ਕਰ ਲੈਂਦਾ ਹੈ, ਇਸ ਤਰ੍ਹਾਂ ਉਹ) ਆਪਣੇ ਕੀਤੇ ਕਰਮਾਂ ਦਾ ਮੰਦਾ ਫਲ ਆਪ ਹੀ ਭੋਗਦਾ ਹੈ। (ਨਿੰਦਾ ਦੇ ਕਾਰਨ ਉਸ ਨੂੰ) ਇਸ ਲੋਕ ਵਿਚ ਸੁਖ ਨਹੀਂ ਮਿਲਦਾ, ਪਰਮਾਤਮਾ ਦੀ ਹਜ਼ੂਰੀ ਵਿਚ ਭੀ ਉਸ ਨੂੰ ਆਦਰ ਦੀ ਥਾਂ ਨਹੀਂ ਮਿਲਦੀ, ਉਹ ਨਰਕ ਵਿਚ ਅੱਪੜ ਕੇ ਦੁਖੀ ਹੁੰਦਾ ਰਹਿੰਦਾ ਹੈ।੧।

ਪਰ ਨਿੰਦਕ ਦੇ ਭੀ ਵੱਸ ਦੀ ਗੱਲ ਨਹੀਂ (ਉਹ ਨਿੰਦਾ ਦੇ ਮੰਦ ਕਰਮ ਤੋਂ ਹਟ ਨਹੀਂ ਸਕਦਾ, ਕਿਉਂਕਿ) ਪਿਛਲੇ ਜਨਮਾਂ ਵਿਚ ਕੀਤੇ ਕਰਮਾਂ ਦੇ ਸੰਸਕਾਰ ਉਸ ਮੰਦ-ਭਾਗੀ ਨਿੰਦਕ ਦੇ ਪੱਲੇ ਪੈ ਜਾਂਦੇ ਹਨ (ਉਸ ਦੇ ਅੰਦਰ ਜਾਗ ਪੈਂਦੇ ਹਨ ਤੇ ਉਸ ਨੂੰ ਨਿੰਦਾ ਵਲ ਪ੍ਰੇਰਦੇ ਹਨ)। ਨਿੰਦਕ ਅਜੇਹੀ ਨਿੱਘਰੀ ਹੋਈ ਆਤਮਕ ਦਸ਼ਾ ਵਿਚ ਖ਼ੁਆਰ ਹੁੰਦਾ ਰਹਿੰਦਾ ਹੈ ਕਿ ਉਥੇ (ਭਾਵ, ਉਸ ਨਿੱਘਰੀ ਦਸ਼ਾ ਵਿਚੋਂ ਕੱਢਣ ਲਈ) ਕੋਈ ਉਸ ਦੀ ਮਦਦ ਨਹੀਂ ਕਰ ਸਕਦਾ। ਸਹਾਇਤਾ ਵਾਸਤੇ ਉਹ ਕਿਸੇ ਕੋਲ ਪੁਕਾਰ ਕਰਨ ਜੋਗਾ ਭੀ ਨਹੀਂ ਰਹਿੰਦਾ।੨।

ਖਸਮ-ਪ੍ਰਭੂ ਦੀ ਰਜ਼ਾ ਇਉਂ ਹੀ ਹੈ ਕਿ (ਸੰਤ ਜਨਾਂ ਦੀ) ਨਿੰਦਾ ਕਰਨ ਵਾਲੇ ਮਨੁੱਖ ਨੂੰ ਕਿਤੇ ਭੀ ਉੱਚੀ ਆਤਮਕ ਅਵਸਥਾ ਪ੍ਰਾਪਤ ਨਹੀਂ ਹੋ ਸਕਦੀ (ਕਿਉਂਕਿ ਉਹ ਉੱਚੀ ਆਤਮਕ ਅਵਸਥਾ ਵਾਲਿਆਂ ਦੀ ਤਾਂ ਸਦਾ ਨਿੰਦਾ ਕਰਦਾ ਹੈ। ਦੂਜੇ ਪਾਸੇ) ਜਿਉਂ ਜਿਉਂ ਕੋਈ ਮਨੁੱਖ ਸੰਤ ਜਨਾਂ ਦੀ ਨਿੰਦਾ ਕਰਦਾ ਹੈ (ਉਕਾਈਆਂ ਨਸ਼ਰ ਕਰਦਾ ਹੈ) ਤਿਉਂ ਤਿਉਂ ਸੰਤ ਜਨ ਇਸ ਵਿਚ ਸੁਖ ਪ੍ਰਤੀਤ ਕਰਦੇ ਹਨ (ਉਹਨਾਂ ਨੂੰ ਆਪਣੇ ਆਤਮਕ ਜੀਵਨ ਦੀ ਪੜਤਾਲ ਕਰਨ ਦਾ ਮੌਕਾ ਮਿਲਦਾ ਰਹਿੰਦਾ ਹੈ)।੩।

ਹੇ ਮਾਲਕ-ਪ੍ਰਭੂ! ਤੇਰੇ ਸੰਤਾਂ ਨੂੰ (ਜੀਵਨ-ਅਗਵਾਈ ਵਾਸਤੇ) ਸਦਾ ਤੇਰਾ ਆਸਰਾ ਰਹਿੰਦਾ ਹੈ, ਤੂੰ (ਸੰਤਾਂ ਦਾ ਜੀਵਨ ਉੱਚਾ ਕਰਨ ਵਿਚ) ਮਦਦਗਾਰ ਭੀ ਬਣਦਾ ਹੈਂ।

ਹੇ ਨਾਨਕ! ਆਖ—(ਉਸ ਨਿੰਦਾ ਦੀ ਬਰਕਤਿ ਨਾਲ) ਸੰਤਾਂ ਨੂੰ ਤਾਂ ਪਰਮਾਤਮਾ (ਮੰਦ ਕਰਮਾਂ ਤੋਂ) ਬਚਾਈ ਰੱਖਦਾ ਹੈ ਪਰ ਨਿੰਦਾ ਕਰਨ ਵਾਲਿਆਂ ਨੂੰ (ਉਹਨਾਂ ਦੇ ਨਿੰਦਾ ਦੇ ਹੜ ਵਿਚ) ਰੋੜ੍ਹ ਦੇਂਦਾ ਹੈ (ਉਹਨਾਂ ਦੇ ਆਤਮਕ ਜੀਵਨ ਨੂੰ ਨਿੰਦਾ ਦੇ ਹੜ ਵਿਚ ਰੋੜ੍ਹ ਕੇ ਮੁਕਾ ਦੇਂਦਾ ਹੈ)।੪।੨।੪੧।

ਆਸਾ ਮਹਲਾ ੫ ॥ ਬਾਹਰੁ ਧੋਇ ਅੰਤਰੁ ਮਨੁ ਮੈਲਾ ਦੁਇ ਠਉਰ ਅਪੁਨੇ ਖੋਏ ॥ ਈਹਾ ਕਾਮਿ ਕ੍ਰੋਧਿ ਮੋਹਿ ਵਿਆਪਿਆ ਆਗੈ ਮੁਸਿ ਮੁਸਿ ਰੋਏ ॥੧॥ ਗੋਵਿੰਦ ਭਜਨ ਕੀ ਮਤਿ ਹੈ ਹੋਰਾ ॥ ਵਰਮੀ ਮਾਰੀ ਸਾਪੁ ਨ ਮਰਈ ਨਾਮੁ ਨ ਸੁਨਈ ਡੋਰਾ ॥੧॥ ਰਹਾਉ ॥ ਮਾਇਆ ਕੀ ਕਿਰਤਿ ਛੋਡਿ ਗਵਾਈ ਭਗਤੀ ਸਾਰ ਨ ਜਾਨੈ ॥ ਬੇਦ ਸਾਸਤ੍ਰ ਕਉ ਤਰਕਨਿ ਲਾਗਾ ਤਤੁ ਜੋਗੁ ਨ ਪਛਾਨੈ ॥੨॥ ਉਘਰਿ ਗਇਆ ਜੈਸਾ ਖੋਟਾ ਢਬੂਆ ਨਦਰਿ ਸਰਾਫਾ ਆਇਆ ॥ ਅੰਤਰਜਾਮੀ ਸਭੁ ਕਿਛੁ ਜਾਨੈ

ਉਸ ਤੇ ਕਹਾ ਛਪਾਇਆ ॥੩॥ ਕੂੜਿ ਕਪਟਿ ਬੰਚਿ ਨਿੰਮੁਨੀਆਦਾ ਬਿਨਸਿ ਗਇਆ ਤਤਕਾਲੇ ॥ ਸਤਿ ਸਤਿ ਸਤਿ ਨਾਨਕਿ ਕਹਿਆ ਅਪਨੈ ਹਿਰਦੈ ਦੇਖੁ ਸਮਾਲੇ ॥੪॥੩॥੪੨॥ {ਪੰਨਾ 381}

ਪਦਅਰਥ:- ਬਾਹਰੁ—ਬਾਹਰਲਾ ਪਾਸਾ, ਪਿੰਡਾ, ਸਰੀਰ । ਅੰਤਰੁ—ਅੰਦਰਲਾ । ਖੋਏ—ਗਵਾ ਲਏ । ਈਹਾ—ਇਸ ਲੋਕ ਵਿਚ । ਕਾਮਿ—ਕਾਮ ਵਿਚ । ਵਿਆਪਿਆ—ਫਸਿਆ ਰਿਹਾ । ਆਗੈ—ਪਰਲੋਕ ਵਿਚ । ਮੁਸਿ ਮੁਸਿ—ਹਟਕੋਰੇ ਲੈ ਲੈ ਕੇ ।੧।

ਮਤਿ—ਅਕਲ । ਹੋਰਾ—ਹੋਰ ਕਿਸਮ ਦੀ । ਵਰਮੀ—ਖੁੱਡ । ਡੋਰਾ—ਬੋਲਾ ।੧।ਰਹਾਉ।

ਕਿਰਤਿ—ਮੇਹਨਤ । ਸਾਰ—ਕਦਰ, ਸੂਝ । ਕਉ—ਨੂੰ । ਤਰਕਨ ਲਾਗਾ—ਬਹਸਣ ਲੱਗ ਪਿਆ । ਤਤੁ—ਅਸਲੀਅਤ । ਜੋਗੁ—ਮਿਲਾਪ ।੨।

ਢਬੂਆ—ਚਾਂਦੀ ਦਾ ਰੁਪਇਆ । ਤੇ—ਤੋਂ, ਪਾਸੋਂ ।੩।

ਕੂੜਿ—ਕੂੜ ਵਿਚ, ਮਾਇਆ ਦੇ ਮੋਹ ਵਿਚ । ਕਪਟਿ—ਠੱਗੀ ਵਿਚ । ਬੰਚਿ—ਠਗੀਜ ਕੇ । ਨਿੰਮੁਨੀਆਦਾ—ਬੇ-ਮੁਨਿਆਦਾ, ਜਿਸ ਦੀ ਪੱਕੀ ਨੀਂਹ ਨਹੀਂ ਹੈ । ਤਤਕਾਲੇ—ਤੁਰਤ । ਸਤਿ—ਸੱਚ । ਨਾਨਕਿ—ਨਾਨਕ ਨੇ । ਸਮਾਲੇ—ਸਮਾਲਿ, ਸੰਭਾਲ ਕੇ ।੪।

ਅਰਥ:- (ਹੇ ਭਾਈ!) ਪਰਮਾਤਮਾ ਦਾ ਭਜਨ ਕਰਨ ਵਾਲੀ ਅਕਲ ਹੋਰ ਕਿਸਮ ਦੀ ਹੁੰਦੀ ਹੈ (ਉਸ ਵਿਚ ਵਿਖਾਵਾ ਨਹੀਂ ਹੁੰਦਾ) । ਜੇ ਮਨੁੱਖ ਪਰਮਾਤਮਾ ਦਾ ਨਾਮ ਨਹੀਂ ਸੁਣਦਾ, ਜੇ ਨਾਮ ਵਲੋਂ ਬੋਲਾ ਰਹਿੰਦਾ ਹੈ (ਤਾਂ ਬਾਹਰਲੇ ਧਾਰਮਕ ਕਰਮ ਇਉਂ ਹੀ ਹਨ ਜਿਵੇਂ ਸੱਪ ਨੂੰ ਮਾਰਨ ਦੇ ਥਾਂ ਸੱਪ ਦੀ ਖੁੱਡ ਨੂੰ ਕੁੱਟੀ ਜਾਣਾ), ਪਰ ਜੇ ਖੁੱਡ ਨੂੰ ਕੁੱਟਦੇ ਜਾਈਏ ਤਾਂ ਇਸ ਤਰ੍ਹਾਂ ਸੱਪ ਨਹੀਂ ਮਰਦਾ (ਬਾਹਰਲੇ ਕਰਮਾਂ ਨਾਲ ਮਨ ਵੱਸ ਵਿਚ ਨਹੀਂ ਆਉਂਦਾ) ।੧।ਰਹਾਉ।

ਜੇਹੜਾ ਮਨੁੱਖ (ਤੀਰਥ ਆਦਿਕਾਂ ਤੇ ਨਿਰਾ) ਪਿੰਡਾ ਧੋ ਕੇ ਅੰਦਰਲਾ ਮਨ (ਵਿਕਾਰਾਂ ਨਾਲ) ਮੈਲਾ ਹੀ ਰੱਖਦਾ ਹੈ ਉਹ ਲੋਕ ਪਰਲੋਕ ਆਪਣੇ ਦੋਵੇਂ ਥਾਂ ਗਵਾ ਲੈਂਦਾ ਹੈ । ਇਸ ਲੋਕ ਵਿਚ ਰਹਿੰਦਿਆਂ ਕਾਮ-ਵਾਸ਼ਨਾ ਵਿਚ, ਕ੍ਰੋਧ ਵਿਚ, ਮੋਹ ਵਿਚ, ਫਸਿਆ ਰਹਿੰਦਾ ਹੈ, ਅਗਾਂਹ ਪਰਲੋਕ ਵਿਚ ਜਾ ਕੇ ਹਟਕੋਰੇ ਲੈ ਲੈ ਰੋਂਦਾ ਹੈ ।੧।

(ਜਿਸ ਮਨੁੱਖ ਨੇ ਤਿਆਗ ਦੇ ਭੁਲੇਖੇ ਵਿਚ ਆਜੀਵਕਾ ਖ਼ਾਤਰ) ਮਾਇਆ ਕਮਾਣ ਦਾ ਉੱਦਮ ਛੱਡ ਦਿੱਤਾ ਉਹ ਭਗਤੀ ਦੀ ਕਦਰ ਭੀ ਨਹੀਂ ਜਾਣਦਾ, ਜੇਹੜਾ ਮਨੁੱਖ ਵੇਦ ਸ਼ਾਸਤਰ ਆਦਿਕ ਧਰਮ-ਪੁਸਤਕਾਂ ਨੂੰ ਸਿਰਫ਼ ਬਹਸਾਂ ਵਿਚ ਹੀ ਵਰਤਣਾ ਸ਼ੁਰੂ ਕਰ ਦੇਂਦਾ ਹੈ ਉਹ (ਆਤਮਕ ਜੀਵਨ ਦੀ) ਅਸਲੀਅਤ ਨਹੀਂ ਸਮਝਦਾ, ਉਹ ਪਰਮਾਤਮਾ ਦਾ ਮਿਲਾਪ ਨਹੀਂ ਸਮਝਦਾ ।੨।

ਜਿਵੇਂ ਜਦੋਂ ਕੋਈ ਖੋਟਾ ਰੁਪਇਆ ਸਰਾਫ਼ਾਂ ਦੀ ਨਜ਼ਰੇ ਪੈਂਦਾ ਹੈ ਤਾਂ ਉਸ ਦਾ ਖੋਟ ਪਰਤੱਖ ਦਿੱਸ ਪੈਂਦਾ ਹੈ; (ਤਿਵੇਂ ਜੇਹੜਾ ਮਨੁੱਖ ਅੰਦਰੋਂ ਤਾਂ ਵਿਕਾਰੀ ਹੈ, ਪਰ ਬਾਹਰੋਂ ਧਾਰਮਿਕ ਭੇਖੀ) ਉਹ ਪਰਮਾਤਮਾ ਪਾਸੋਂ (ਆਪਣਾ ਅੰਦਰਲਾ ਖੋਟ) ਲੁਕਾ ਨਹੀਂ ਸਕਦਾ, ਹਰੇਕ ਦੇ ਦਿਲ ਦੀ ਜਾਣਨ ਵਾਲਾ ਪਰਮਾਤਮਾ ਉਸ ਦੀ ਹਰੇਕ ਕਰਤੂਤ ਨੂੰ ਜਾਣਦਾ ਹੈ ।੩।

ਮਨੁੱਖ ਦੀ ਇਸ ਜਗਤ ਵਿਚ ਚਾਰ-ਰੋਜ਼ਾ ਜ਼ਿੰਦਗੀ ਹੈ ਪਰ ਇਹ ਮਾਇਆ ਦੇ ਮੋਹ ਵਿਚ ਠੱਗੀ-ਫ਼ਰੇਬ ਵਿਚ ਆਤਮਕ ਜੀਵਨ ਲੁਟਾ ਕੇ ਬੜੀ ਛੇਤੀ ਆਤਮਕ ਮੌਤੇ ਮਰ ਜਾਂਦਾ ਹੈ ।

ਹੇ ਭਾਈ! ਨਾਨਕ ਨੇ ਇਹ ਗੱਲ ਯਕੀਨੀ ਤੌਰ ਤੇ ਸੱਚ ਕਹੀ ਹੈ ਕਿ ਪਰਮਾਤਮਾ ਦੇ ਨਾਮ ਨੂੰ ਆਪਣੇ ਹਿਰਦੇ

ਵਿਚ ਵਸਾ ਕੇ ਉਸ ਨੂੰ ਆਪਣੇ ਅੰਦਰ ਵੱਸਦਾ ਵੇਖ (ਇਹੀ ਆਤਮਕ ਜੀਵਨ ਹੈ, ਇਹੀ ਜੀਵਨ-ਮਨੋਰਥ ਹੈ) ।੪।੩।੪੨।

ਆਸਾ ਮਹਲਾ ੫ ॥ ਉਦਮੁ ਕਰਤ ਹੋਵੈ ਮਨੁ ਨਿਰਮਲੁ ਨਾਚੈ ਆਪੁ ਨਿਵਾਰੇ ॥ ਪੰਚ ਜਨਾ ਲੇ ਵਸਗਤਿ ਰਾਖੈ ਮਨ ਮਹਿ ਏਕੰਕਾਰੇ ॥੧॥ ਤੇਰਾ ਜਨੁ ਨਿਰਤਿ ਕਰੇ ਗੁਨ ਗਾਵੈ ॥ ਰਬਾਬੁ ਪਖਾਵਜ ਤਾਲ ਘੁੰਘਰੂ ਅਨਹਦ ਸਬਦੁ ਵਜਾਵੈ ॥੧॥ ਰਹਾਉ ॥ ਪ੍ਰਥਮੇ ਮਨੁ ਪਰਬੋਧੈ ਅਪਨਾ ਪਾਛੈ ਅਵਰ ਰੀਝਾਵੈ ॥ ਰਾਮ ਨਾਮ ਜਪੁ ਹਿਰਦੈ ਜਾਪੈ ਮੁਖ ਤੇ ਸਗਲ ਸੁਨਾਵੈ ॥੨॥ ਕਰ ਸੰਗਿ ਸਾਧੂ ਚਰਨ ਪਖਾਰੈ ਸੰਤ ਧੂਰਿ ਤਨਿ ਲਾਵੈ ॥ ਮਨੁ ਤਨੁ ਅਰਪਿ ਧਰੇ ਗੁਰ ਆਗੈ ਸਤਿ ਪਦਾਰਥੁ ਪਾਵੈ ॥੩॥ ਜੋ ਜੋ ਸੁਨੈ ਪੇਖੈ ਲਾਇ ਸਰਧਾ ਤਾ ਕਾ ਜਨਮ ਮਰਨ ਦੁਖੁ ਭਾਗੈ ॥ ਐਸੀ ਨਿਰਤਿ ਨਰਕ ਨਿਵਾਰੈ ਨਾਨਕ ਗੁਰਮੁਖਿ ਜਾਗੈ ॥੪॥੪॥੪੩॥ {ਪੰਨਾ 381}

ਪਦਅਰਥ:- ਨਿਰਮਲੁ—ਸਾਫ਼, ਪਵਿਤ੍ਰ । ਆਪੁ—ਆਪਾ-ਭਾਵ, ਅਹੰਕਾਰ । ਪੰਚ ਜਨਾ—ਕਾਮਾਦਿਕ ਪੰਜਾਂ ਨੂੰ । ਵਸਗਤਿ—ਕਾਬੂ ਵਿਚ ।੧।

ਨਿਰਤਿ—ਨਾਚ, ਭਗਤੀ ਦਾ ਨਾਚ । ਪਖਾਵਜ—ਜੋੜੀ, ਤਬਲਾ । ਤਾਲ—ਛੈਣੇ । ਅਨਹਦ—ਇਕ-ਰਸ, ਬਿਨਾ ਸਾਜ ਵਜਾਇਆਂ ਪੈਦਾ ਹੋਣ ਵਾਲਾ ਰਾਗ ।੧।ਰਹਾਉ।

ਪਰਬੋਧੈ—ਜਗਾਂਦਾ ਹੈ, ਸਮਝਾਂਦਾ ਹੈ । ਅਵਰ—ਹੋਰਨਾਂ ਨੂੰ । ਰੀਝਾਵੈ—ਖ਼ੁਸ਼ ਕਰਦਾ ਹੈ । ਤੇ—ਤੋਂ ।੨।

ਕਰ ਸੰਗਿ—ਹੱਥਾਂ ਨਾਲ । ਸਾਧੂ ਚਰਨ—ਗੁਰਮੁਖਾਂ ਦੇ ਪੈਰ । ਪਖਾਰੈ—ਧੋਂਦਾ ਹੈ, ਪਖਾਲੈ । ਤਨਿ—ਸਰੀਰ ਉੱਤੇ । ਅਰਪਿ—ਹਵਾਲੇ ਕਰ ਕੇ । ਸਤਿ—ਸਦਾ ਕਾਇਮ ਰਹਿਣ ਵਾਲਾ ।੩।

ਪੇਖੈ—ਵੇਖਦਾ ਹੈ । ਸਰਧਾ—ਯਕੀਨ । ਤਾ ਕਾ—ਉਸ ਦਾ । ਨਿਵਾਰੈ—ਦੂਰ ਕਰਦੀ ਹੈ । ਗੁਰਮੁਖਿ—ਗੁਰੂ ਦੀ ਸਰਨ ਪੈਣਾ ਵਾਲਾ ਮਨੁੱਖ ।੪।

ਅਰਥ:- ਹੇ ਪ੍ਰਭੂ! (ਦੇਵੀ ਦੇਵਤਿਆਂ ਦੇ ਭਗਤ ਆਪਣੇ ਇਸ਼ਟ ਦੀ ਭਗਤੀ ਕਰਨ ਵੇਲੇ ਉਸ ਦੇ ਅੱਗੇ ਨਾਚ ਕਰਦੇ ਹਨ, ਪਰ) ਤੇਰਾ ਭਗਤ ਤੇਰੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਹੈ (ਇਹ, ਮਾਨੋ) ਉਹ ਨਾਚ ਕਰਦਾ ਹੈ । ਹੇ ਪ੍ਰਭੂ! ਤੇਰਾ ਭਗਤ ਤੇਰੀ ਸਿਫ਼ਤਿ-ਸਾਲਾਹ ਦਾ ਸ਼ਬਦ-ਰੂਪ ਵਾਜਾ (ਆਪਣੇ ਅੰਦਰ) ਲਗਾਤਾਰ ਵਜਾਂਦਾ ਰਹਿੰਦਾ ਹੈ (ਸ਼ਬਦ ਨੂੰ ਹਰ ਵੇਲੇ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ) ਇਹੀ ਹੈ ਉਸ ਦੇ ਵਾਸਤੇ ਰਬਾਬ ਤਬਲਾ ਛੈਣੇ ਘੁੰਘਰੂ (ਆਦਿਕ ਸਾਜ਼ਾਂ ਦਾ ਵੱਜਣਾ) ।੧।ਰਹਾਉ।

(ਹੇ ਭਾਈ! ਪਰਮਾਤਮਾ ਦਾ ਭਗਤ ਜਿਉਂ ਜਿਉਂ ਸਿਫ਼ਤਿ-ਸਾਲਾਹ ਦਾ) ਉੱਦਮ ਕਰਦਾ ਹੈ ਉਸ ਦਾ ਮਨ ਪਵਿਤ੍ਰ ਹੁੰਦਾ ਜਾਂਦਾ ਹੈ, ਉਹ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰਦਾ ਹੈ (ਇਹ, ਮਾਨੋ, ਉਹ ਪਰਮਾਤਮਾ ਦੀ ਹਜ਼ੂਰੀ ਵਿਚ) ਨਾਚ ਕਰਦਾ ਹੈ । (ਪਰਮਾਤਮਾ ਦਾ ਸੇਵਕ) ਆਪਣੇ ਮਨ ਵਿਚ ਪਰਮਾਤਮਾ ਨੂੰ ਵਸਾਈ ਰੱਖਦਾ ਹੈ (ਇਸ ਤਰ੍ਹਾਂ) ਉਹ ਕਾਮਾਦਿਕ ਪੰਜਾਂ ਨੂੰ ਕਾਬੂ ਵਿਚ ਰੱਖਦਾ ਹੈ ।੧।

(ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਪਰਮਾਤਮਾ ਦਾ ਭਗਤ) ਪਹਿਲਾਂ ਆਪਣੇ ਮਨ ਨੂੰ (ਮੋਹ ਦੀ ਨੀਂਦ ਵਿਚੋਂ) ਜਗਾਂਦਾ ਹੈ, ਫਿਰ ਹੋਰਨਾਂ ਦੇ ਅੰਦਰ (ਸਿਫ਼ਤਿ-ਸਾਲਾਹ ਦੀ) ਰੀਝ ਪੈਦਾ ਕਰਦਾ ਹੈ, ਪਹਿਲਾਂ ਉਹ ਆਪਣੇ ਹਿਰਦੇ ਵਿਚ ਪਰਮਾਤਮਾ ਦੇ ਨਾਮ ਦਾ ਜਾਪ ਕਰਦਾ ਹੈ ਤੇ ਫਿਰ ਮੂੰਹ ਨਾਲ ਉਹ ਜਾਪ ਹੋਰਨਾਂ ਨੂੰ

ਭੀ ਸੁਣਾਂਦਾ ਹੈ ।੨।

(ਪਰਮਾਤਮਾ ਦਾ ਸੇਵਕ) ਆਪਣੇ ਹੱਥਾਂ ਨਾਲ ਗੁਰਮੁਖਾਂ ਦੇ ਪੈਰ ਧੋਂਦਾ ਹੈ ਸੰਤ ਜਨਾਂ ਦੇ ਚਰਨਾਂ ਦੀ ਧੂੜ ਆਪਣੇ ਸਰੀਰ ਉੱਤੇ ਲਾਂਦਾ ਹੈ, ਆਪਣਾ ਮਨ ਗੁਰੂ ਦੇ ਹਵਾਲੇ ਕਰਦਾ ਹੈ ਆਪਣਾ ਸਰੀਰ (ਹਰੇਕ ਗਿਆਨ-ਇੰਦ੍ਰਾ) ਗੁਰੂ ਦੇ ਹਵਾਲੇ ਕਰਦਾ ਹੈ ਤੇ ਗੁਰੂ ਪਾਸੋਂ ਸਦਾ ਕਾਇਮ ਰਹਿਣ ਵਾਲਾ ਹਰਿ-ਨਾਮ ਪ੍ਰਾਪਤ ਕਰਦਾ ਹੈ ।੩।

ਹੇ ਨਾਨਕ! (ਪਰਮਾਤਮਾ ਦੀ ਸਿਫ਼ਤਿ-ਸਾਲਾਹ ਇਕ ਐਸਾ ਨਾਚ ਹੈ ਕਿ) ਜੇਹੜਾ ਜੇਹੜਾ ਮਨੁੱਖ ਇਸ ਨੂੰ ਸਿਦਕ ਧਾਰ ਕੇ ਸੁਣਦਾ ਵੇਖਦਾ ਹੈ ਉਸ ਦਾ ਜਨਮ ਮਰਨ ਦੇ ਗੇੜ ਦਾ ਦੁੱਖ ਦੂਰ ਹੋ ਜਾਂਦਾ ਹੈ । ਅਜੇਹਾ ਨਾਚ ਗੁਰੂ ਦੀ ਸਰਨ ਪੈਣ ਵਾਲੇ ਮਨੁੱਖ ਨੂੰ ਨਰਕਾਂ ਤੋਂ ਬਚਾ ਲੈਂਦਾ ਹੈ (ਇਸ ਨਾਚ ਦੀ ਬਰਕਤਿ ਨਾਲ) ਉਹ (ਮੋਹ ਦੀ ਨੀਂਦ ਤੋਂ) ਜਾਗ ਪੈਂਦਾ ਹੈ ।੪।੪।੪੩।

ਆਸਾ ਮਹਲਾ ੫ ॥ ਅਧਮ ਚੰਡਾਲੀ ਭਈ ਬ੍ਰਹਮਣੀ ਸੂਦੀ ਤੇ ਸ੍ਰੇਸਟਾਈ ਰੇ ॥ ਪਾਤਾਲੀ ਆਕਾਸੀ ਸਖਨੀ ਲਹਬਰ ਬੂਝੀ ਖਾਈ ਰੇ ॥੧॥ ਘਰ ਕੀ ਬਿਲਾਈ ਅਵਰ ਸਿਖਾਈ ਮੂਸਾ ਦੇਖਿ ਡਰਾਈ ਰੇ ॥ ਅਜ ਕੈ ਵਸਿ ਗੁਰਿ ਕੀਨੋ ਕੇਹਰਿ ਕੂਕਰ ਤਿਨਹਿ ਲਗਾਈ ਰੇ ॥੧॥ ਰਹਾਉ ॥ ਬਾਝੁ ਥੂਨੀਆ ਛਪਰਾ ਥਾਮ੍ਹ੍ਹਿਆ ਨੀਘਰਿਆ ਘਰੁ ਪਾਇਆ ਰੇ ॥ ਬਿਨੁ ਜੜੀਏ ਲੈ ਜੜਿਓ ਜੜਾਵਾ ਥੇਵਾ ਅਚਰਜੁ ਲਾਇਆ ਰੇ ॥੨॥ ਦਾਦੀ ਦਾਦਿ ਨ ਪਹੁਚਨਹਾਰਾ ਚੂਪੀ ਨਿਰਨਉ ਪਾਇਆ ਰੇ ॥ ਮਾਲਿ ਦੁਲੀਚੈ ਬੈਠੀ ਲੇ ਮਿਰਤਕੁ ਨੈਨ ਦਿਖਾਲਨੁ ਧਾਇਆ ਰੇ ॥੩॥ ਸੋਈ ਅਜਾਣੁ ਕਹੈ ਮੈ ਜਾਨਾ ਜਾਨਣਹਾਰੁ ਨ ਛਾਨਾ ਰੇ ॥ ਕਹੁ ਨਾਨਕ ਗੁਰਿ ਅਮਿਉ ਪੀਆਇਆ ਰਸਕਿ ਰਸਕਿ ਬਿਗਸਾਨਾ ਰੇ ॥੪॥੫॥੪੪॥ {ਪੰਨਾ 381}

ਪਦਅਰਥ:- ਅਧਮ—ਨੀਚ । ਚੰਡਾਲੀ—ਚੰਡਾਲਣ । ਸੂਦੀ—ਸ਼ੂਦਰਨੀ । ਤੇ—ਤੋਂ । ਸ੍ਰੇਸਟਾਈ—ਉੱਤਮ । ਰੇ—ਹੇ ਭਾਈ! ਸਖਨੀ—ਸੱਖਣੀ, ਖ਼ਾਲੀ, ਅਸੰਤੁਸ਼ਟ । ਲਹਬਰ—{ਅਰਬੀ 'ਲਹਬ'—ਅੱਗ ਦੀ ਲਾਟ} । ਬੂਝੀ—ਬੁੱਝ ਗਈ । ਖਾਈ—ਖਾਧੀ ਗਈ, ਮੁੱਕ ਗਈ ।੧।

ਬਿਲਾਈ—ਬਿੱਲੀ । ਘਰ ਕੀ ਬਿਲਾਈ—ਮਨ ਦੀ ਸੰਤੋਖ-ਹੀਣ ਬਿਰਤੀ । ਅਵਰ ਸਿਖਾਈ—ਹੋਰ ਤਰ੍ਹਾਂ ਸਿਖਾਈ ਗਈ । ਮੂਸਾ—ਚੂਹਾ । ਅਜ—ਬੱਕਰੀ, ਨਿਮ੍ਰਤਾ । ਗੁਰਿ—ਗੁਰੂ ਨੇ । ਕੇਹਰਿ—ਸ਼ੇਰ, ਅਹੰਕਾਰ । ਕੂਕਰ—ਕੁੱਤਾ, ਤਮੋ ਗੁਣ ਵਾਲੇ ਇੰਦ੍ਰੇ । ਤਿਨਹਿ—ਤ੍ਰਿਣ, ਘਾਹ ।੧।ਰਹਾਉ।

ਥੂਨੀਆ—ਥੰਮ੍ਹੀਆਂ । ਨੀਘਰਿਆ—ਨਿ-ਘਰਾ, ਭਟਕਦਾ ਫਿਰਦਾ । ਜੜੀਆ—ਸੁਨਿਆਰਾ । ਜੜਾਵਾ—ਜੜਾਊ ਗਹਣਾ । ਥੇਵਾ—ਨਗ ।੨।

ਦਾਦੀ—ਫ਼ਰਿਆਦੀ, ਗਿਲੇ ਕਰਨ ਵਾਲਾ । ਦਾਦਿ—ਇਨਸਾਫ਼ । ਚੂਪੀ—ਸ਼ਾਂਤ ਰਹਿਣ ਵਾਲਾ । ਨਿਰਨਉ—ਇਨਸਾਫ਼ । ਮਾਲਿ—ਮੱਲ ਕੇ । ਦੁਲੀਚੈ—ਦੁਲੀਚੇ ਉੱਤੇ । ਮਿਰਤਕੁ—ਆਮ ਤੌਰ ਤੇ ਮੁਰਦਾ । ਨੈਨ ਦਿਖਾਲਨੁ—ਹੋਰਨਾਂ ਨੂੰ ਅੱਖਾਂ ਵਿਖਾਣਾ, ਘੂਰਨਾ । ਧਾਇਆ—ਦੂਰ ਹੋ ਗਿਆ ।੩।

ਅਜਾਣੁ—ਮੂਰਖ । ਜਾਨਾ—ਜਾਣਦਾ ਹਾਂ । ਜਾਨਣਹਾਰੁ—ਜਿਸ ਨੇ ਜਾਣ ਲਿਆ ਹੈ ਉਹ । ਛਾਨਾ—ਲੁਕਿਆ ਹੋਇਆ । ਗੁਰਿ—ਗੁਰੂ ਨੇ । ਰਸਕਿ—ਸੁਆਦ ਲਾ ਕੇ । ਬਿਗਸਾਨਾ—ਖਿੜਿਆ ਰਹਿੰਦਾ ਹੈ ।੪।

ਅਰਥ:- (ਜਿਸ ਮਨੁੱਖ ਨੂੰ ਗੁਰੂ ਨੇ ਨਾਮ-ਅੰਮ੍ਰਿਤ ਪਿਲਾ ਦਿੱਤਾ ਉਸ ਦੀ ਪਹਿਲੀ) ਸੰਤੋਖ-ਹੀਣ ਬ੍ਰਿਤੀ ਬਿੱਲੀ

ਹੁਣ ਹੋਰ ਕਿਸਮ ਦੀ ਸਿੱਖਿਆ ਲੈਂਦੀ ਹੈ ਉਹ ਦੁਨੀਆ ਦੇ ਪਦਾਰਥ (ਚੂਹਾ) ਵੇਖ ਕੇ ਲਾਲਚ ਕਰਨੋਂ ਸੰਗਦੀ ਹੈ । ਗੁਰੂ ਨੇ ਉਸ ਦੇ ਅਹੰਕਾਰ-ਸ਼ੇਰ ਨੂੰ ਨਿਮ੍ਰਤਾ-ਬੱਕਰੀ ਦੇ ਅਧੀਨ ਕਰ ਦਿੱਤਾ, ਉਸ ਦੇ ਤਮੋਗੁਣੀ ਇੰਦ੍ਰਿਆਂ (ਕੁੱਤਿਆਂ) ਨੂੰ ਸਤੋ ਗੁਣੀ ਪਾਸੇ (ਘਾਹ ਖਾਣ ਵਲ) ਲਾ ਦਿੱਤਾ ।੧।ਰਹਾਉ।

ਹੇ ਭਾਈ! ਨਾਮ ਅੰਮ੍ਰਿਤ ਦੀ ਬਰਕਤਿ ਨਾਲ ਅੱਤ ਨੀਚ ਚੰਡਾਲਣ ਬ੍ਰਿਤੀ (ਮਾਨੋ) ਬ੍ਰਾਹਮਣੀ ਬਣ ਗਈ ਤੇ ਸ਼ੂਦਰਨੀ ਤੋਂ ਉੱਚੀ ਕੁਲ ਵਾਲੀ ਹੋ ਗਈ । ਜੇਹੜੀ ਬਿਰਤੀ ਪਹਿਲਾਂ ਪਤਾਲ ਤੋਂ ਲੈ ਕੇ ਅਕਾਸ਼ ਤਕ ਸਾਰੀ ਦੁਨੀਆ ਦੇ ਪਦਾਰਥ ਲੈ ਕੇ ਭੀ ਭੁੱਖੀ ਰਹਿੰਦੀ ਸੀ ਉਸ ਦੀ ਤ੍ਰਿਸ਼ਨਾ-ਅੱਗ ਦੀ ਲਾਟ ਬੁੱਝ ਗਈ ।੧।

(ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਨੇ ਨਾਮ-ਅੰਮ੍ਰਿਤ ਪਿਲਾ ਦਿੱਤਾ ਉਸ ਦੇ ਮਨ ਦਾ) ਛੱਪਰ (ਛੱਤ) ਦੁਨਿਆਵੀ ਪਦਾਰਥਾਂ ਦੀਆਂ ਆਸਾਂ ਦੀਆਂ ਥੰਮ੍ਹੀਆਂ ਤੋਂ ਬਿਨਾ ਹੀ ਥੰਮ੍ਹਿਆ ਗਿਆ ਉਸ ਦੇ ਭਟਕਦੇ ਮਨ ਨੇ (ਪ੍ਰਭੂ-ਚਰਨਾਂ ਵਿਚ) ਟਿਕਾਣਾ ਲੱਭ ਲਿਆ । ਕਾਰੀਗਰ ਸੁਨਿਆਰਿਆਂ ਦੀ ਸਹਾਇਤਾ ਤੋਂ ਬਿਨਾ ਹੀ (ਉਸ ਦੇ ਮਨ ਦਾ) ਜੜਾਊ ਗਹਿਣਾ ਤਿਆਰ ਹੋ ਗਿਆ ਤੇ ਉਸ ਮਨ-ਗਹਿਣੇ ਵਿਚ ਪਰਮਾਤਮਾ ਦੇ ਨਾਮ ਦਾ ਸੁੰਦਰ ਨਗ ਜੜ ਦਿੱਤਾ ਗਿਆ ।੨।

(ਹੇ ਭਾਈ! ਪਰਮਾਤਮਾ ਦੇ ਚਰਨਾਂ ਤੋਂ ਵਿੱਛੜ ਕੇ ਨਿੱਤ) ਗਿਲੇ ਕਰਨ ਵਾਲਾ (ਆਪਣਾ ਮਨ-ਇੱਛਤ) ਇਨਸਾਫ਼ ਕਦੇ ਭੀ ਪ੍ਰਾਪਤ ਨਹੀਂ ਸੀ ਕਰ ਸਕਦਾ (ਪਰ ਹੁਣ ਜਦੋਂ ਨਾਮ-ਅੰਮ੍ਰਿਤ ਮਿਲ ਗਿਆ ਤਾਂ) ਸ਼ਾਂਤ-ਚਿੱਤ ਹੋਏ ਨੂੰ ਇਨਸਾਫ਼ ਮਿਲਣ ਲੱਗ ਪਿਆ (ਇਹ ਯਕੀਨ ਬਣ ਗਿਆ ਕਿ ਪਰਮਾਤਮਾ ਜੋ ਕੁਝ ਕਰਦਾ ਹੈ ਠੀਕ ਕਰਦਾ ਹੈ) । (ਨਾਮ-ਅੰਮ੍ਰਿਤ ਦੀ ਬਰਕਤਿ ਨਾਲ ਮਨੁੱਖ ਦਾ ਪਹਿਲਾ) ਹੋਰਨਾਂ ਨੂੰ ਘੂਰਨ ਵਾਲਾ ਸੁਭਾਉ ਮੁੱਕ ਗਿਆ, ਦੁਲੀਚੇ ਮੱਲ ਕੇ ਬੈਠਣ ਵਾਲੀ (ਅਹੰਕਾਰ-ਭਰੀ ਬਿਰਤੀ) ਉਸ ਨੂੰ ਹੁਣ ਆਤਮਕ ਮੌਤੇ ਮਰੀ ਹੋਈ ਦਿੱਸਣ ਲੱਗ ਪਈ ।੩।

ਹੇ ਭਾਈ! ਜੇਹੜਾ ਮਨੁੱਖ (ਨਿਰਾ ਜ਼ਬਾਨੀ ਜ਼ਬਾਨੀ) ਆਖਦਾ ਹੈ ਕਿ ਮੈਂ (ਆਤਮਕ ਜੀਵਨ ਦੇ ਭੇਤ ਨੂੰ) ਸਮਝ ਲਿਆ ਹੈ ਉਹ ਅਜੇ ਮੂਰਖ ਹੈ, ਜਿਸ ਨੇ (ਸਚਮੁਚ ਆਤਮਕ ਜੀਵਨ ਨੂੰ ਨਾਮ-ਰਸ ਨੂੰ) ਸਮਝ ਲਿਆ ਹੈ ਉਹ ਕਦੇ ਗੁੱਝਾ ਨਹੀਂ ਰਹਿੰਦਾ ਹੈ । ਹੇ ਨਾਨਕ! ਆਖ—ਜਿਸ ਨੂੰ ਗੁਰੂ ਨੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪਿਲਾ ਦਿੱਤਾ ਹੈ ਉਹ ਇਸ ਨਾਮ-ਜਲ ਦਾ ਸੁਆਦ ਮਾਣ ਮਾਣ ਕੇ ਸਦਾ ਖਿੜਿਆ ਰਹਿੰਦਾ ਹੈ ।੪।੫।੪੪।

ਆਸਾ ਮਹਲਾ ੫ ॥ ਬੰਧਨ ਕਾਟਿ ਬਿਸਾਰੇ ਅਉਗਨ ਅਪਨਾ ਬਿਰਦੁ ਸਮ੍ਹਾਰਿਆ ॥ ਹੋਏ ਕ੍ਰਿਪਾਲ ਮਾਤ ਪਿਤ ਨਿਆਈ ਬਾਰਿਕ ਜਿਉ ਪ੍ਰਤਿਪਾਰਿਆ ॥੧॥ ਗੁਰਸਿਖ ਰਾਖੇ ਗੁਰ ਗੋਪਾਲਿ ॥ ਕਾਢਿ ਲੀਏ ਮਹਾ ਭਵਜਲ ਤੇ ਅਪਨੀ ਨਦਰਿ ਨਿਹਾਲਿ ॥੧॥ ਰਹਾਉ ॥ ਜਾ ਕੈ ਸਿਮਰਣਿ ਜਮ ਤੇ ਛੁਟੀਐ ਹਲਤਿ ਪਲਤਿ ਸੁਖੁ ਪਾਈਐ ॥ ਸਾਸਿ ਗਿਰਾਸਿ ਜਪਹੁ ਜਪੁ ਰਸਨਾ ਨੀਤ ਨੀਤ ਗੁਣ ਗਾਈਐ ॥੨॥ ਭਗਤਿ ਪ੍ਰੇਮ ਪਰਮ ਪਦੁ ਪਾਇਆ ਸਾਧਸੰਗਿ ਦੁਖ ਨਾਠੇ ॥ ਛਿਜੈ ਨ ਜਾਇ ਕਿਛੁ ਭਉ ਨ ਬਿਆਪੇ ਹਰਿ ਧਨੁ ਨਿਰਮਲੁ ਗਾਠੇ ॥੩॥ ਅੰਤਿ ਕਾਲ ਪ੍ਰਭ ਭਏ ਸਹਾਈ ਇਤ ਉਤ ਰਾਖਨਹਾਰੇ ॥ ਪ੍ਰਾਨ ਮੀਤ ਹੀਤ ਧਨੁ ਮੇਰੈ ਨਾਨਕ ਸਦ ਬਲਿਹਾਰੇ ॥੪॥੬॥੪੫॥ {ਪੰਨਾ 382}

ਪਦਅਰਥ:- ਕਾਟਿ—ਕੱਟ ਕੇ । ਬਿਸਾਰੇ—ਭੁਲਾ ਦੇਂਦਾ ਹੈ । ਬਿਰਦੁ—ਮੁੱਢ-ਕਦੀਮਾਂ ਦਾ ਸੁਭਾਉ । ਸਮ੍ਹਾਰਿਆ—ਸਮ੍ਹਾਲੇ, ਚੇਤੇ ਰੱਖਦਾ ਹੈ {ਨੋਟ:- ਇਸ ਸ਼ਬਦ ਵਿਚ ਵਰਤੇ ਭੂਤਕਾਲ-ਸ਼ਬਦ ਦਾ ਅਰਥ ਵਰਤਮਾਨ ਕਾਲ ਵਿਚ ਕਰਨਾ ਹੈ} । ਨਿਆਈ—ਵਾਂਗ । ਪ੍ਰਤਿਪਾਰਿਆ—ਰਾਖੀ ਕਰਦਾ ਹੈ ।੧।

ਗੁਰ ਗੋਪਾਲਿ—ਗੁਰ ਗੋਪਾਲ ਨੇ । ਗੋਪਾਲ—ਧਰਤੀ ਦਾ ਰਾਖਾ । ਭਵਜਲ—ਸੰਸਾਰ-ਸਮੁੰਦਰ । ਤੇ—ਤੋਂ । ਨਿਹਾਲਿ—ਵੇਖ ।੧।ਰਹਾਉ।

ਸਿਮਰਣਿ—ਸਿਮਰਨ ਦੀ ਰਾਹੀਂ । ਛੁਟੀਐ—ਖ਼ਲਾਸੀ ਪਾਈਦੀ ਹੈ । ਹਲਤਿ—ਇਸ ਲੋਕ ਵਿਚ । ਪਲਤਿ—ਪਰਲੋਕ ਵਿਚ । ਸਾਸਿ—ਸਾਹ ਦੇ ਨਾਲ । ਗਿਰਾਸਿ—ਗਿਰਾਹੀ ਦੇ ਨਾਲ । ਰਸਨਾ—ਜੀਭ ਨਾਲ ।੨।

ਪਰਮ ਪਦੁ—ਸਭ ਤੋਂ ਉੱਚਾ ਆਤਮਕ ਦਰਜਾ । ਸੰਗਿ—ਸੰਗਤਿ ਵਿਚ । ਛਿਜੈ—ਕਮਜ਼ੋਰ ਹੁੰਦਾ । ਜਾਇ—ਜਾਂਦਾ, ਗੁਆਚਦਾ । ਨ ਬਿਆਪੇ—ਜੋਰ ਨਹੀਂ ਪਾ ਸਕਦਾ । ਨਿਰਮਲੁ—ਪਵਿਤ੍ਰ । ਗਾਠੇ—ਗਾਂਠ ਵਿਚ, ਪੱਲੇ ।੩।

ਇਤ ਉਤ—ਇਸ ਲੋਕ ਤੇ ਪਰਲੋਕ ਵਿਚ । ਹੀਤੁ—ਹਿਤੂ । ਮੇਰੈ—ਮੇਰੇ ਵਾਸਤੇ, ਮੇਰੇ ਪਾਸ, ਮੇਰੇ ਹਿਰਦੇ ਵਿਚ ।੪।

ਅਰਥ:- (ਹੇ ਭਾਈ!) ਗੁਰੂ ਦੀ ਸਰਨ ਪੈਣ ਵਾਲੇ (ਵਡ-ਭਾਗੀ) ਸਿੱਖਾਂ ਨੂੰ ਸਭ ਤੋਂ ਵੱਡਾ ਜਗਤ-ਪਾਲਕ ਪ੍ਰਭੂ (ਵਿਕਾਰਾਂ ਤੋਂ) ਬਚਾ ਲੈਂਦਾ ਹੈ । ਆਪਣੀ ਮੇਹਰ ਦੀ ਨਜ਼ਰ ਨਾਲ ਤੱਕ ਕੇ ਉਹਨਾਂ ਨੂੰ ਵੱਡੇ ਸੰਸਾਰ-ਸਮੁੰਦਰ ਵਿਚੋਂ ਕੱਢ ਲੈਂਦਾ ਹੈ ।੧।ਰਹਾਉ।

(ਹੇ ਭਾਈ! ਗੁਰੂ ਦੀ ਸਰਨ ਆਏ ਸਿੱਖਾਂ ਦੇ ਮਾਇਆ ਦੇ) ਬੰਧਨ ਕੱਟ ਕੇ ਪਰਮਾਤਮਾ (ਉਹਨਾਂ ਦੇ ਪਿਛਲੇ ਕੀਤੇ) ਔਗੁਣਾਂ ਨੂੰ ਭੁਲਾ ਦੇਂਦਾ ਹੈ (ਤੇ ਇਸ ਤਰ੍ਹਾਂ) ਆਪਣਾ ਮੁੱਢ-ਕਦੀਮਾਂ ਦਾ ਸੁਭਾਉ ਚੇਤੇ ਰੱਖਦਾ ਹੈ, ਮਾਂ ਪਿਉ ਵਾਂਗ ਉਹਨਾਂ ਉਤੇ ਦਇਆਵਾਨ ਹੁੰਦਾ ਹੈ ਅਤੇ ਬੱਚਿਆਂ ਵਾਂਗ ਉਹਨਾਂ ਨੂੰ ਪਾਲਦਾ ਹੈ ।੧।

ਜਿਸ ਪਰਮਾਤਮਾ ਦੇ ਸਿਮਰਨ ਦੀ ਬਰਕਤਿ ਨਾਲ ਜਮਾਂ ਤੋਂ (ਆਤਮਕ ਮੌਤ ਤੋਂ) ਖ਼ਲਾਸੀ ਪਾਈਦੀ ਹੈ, ਇਸ ਲੋਕ ਤੇ ਪਰਲੋਕ ਵਿਚ ਸੁਖ ਮਾਣੀਦਾ ਹੈ (ਹੇ ਭਾਈ!) ਹਰੇਕ ਸਾਹ ਨਾਲ ਹਰੇਕ ਗਿਰਾਹੀ ਨਾਲ ਉਸ ਦਾ ਨਾਮ ਆਪਣੀ ਜੀਭ ਨਾਲ ਜਪਿਆ ਕਰੋ । ਆਉ, ਸਦਾ ਹੀ ਉਸ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਰਹੀਏ ।੨।

(ਹੇ ਭਾਈ! ਗੁਰੂ ਦੀ ਸਰਨ ਆਉਣ ਵਾਲੇ) ਸਿੱਖਾਂ ਦੇ ਪਾਸ ਪਰਮਾਤਮਾ ਦੇ ਨਾਮ ਦਾ ਪਵਿਤ੍ਰ ਧਨ ਇਕੱਠਾ ਹੋ ਜਾਂਦਾ ਹੈ (ਉਸ ਧਨ ਨੂੰ ਕਿਸੇ ਚੋਰ ਆਦਿਕ ਦਾ) ਡਰ ਨਹੀਂ ਵਿਆਪਦਾ, ਉਹ ਧਨ ਘਟਦਾ ਨਹੀਂ, ਉਹ ਧਨ ਗੁਆਚਦਾ ਨਹੀਂ, ਸਾਧ ਸੰਗਤਿ ਵਿਚ ਆ ਕੇ (ਉਹਨਾਂ ਗੁਰਸਿੱਖਾਂ ਦੇ ਸਾਰੇ) ਦੁੱਖ ਦੂਰ ਹੋ ਜਾਂਦੇ ਹਨ, ਪਰਮਾਤਮਾ ਦੇ ਪ੍ਰੇਮ ਤੇ ਭਗਤੀ ਦੀ ਬਰਕਤਿ ਨਾਲ ਉਹ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲੈਂਦੇ ਹਨ ।੩।

(ਹੇ ਭਾਈ!) ਪ੍ਰਭੂ ਜੀ (ਗੁਰਸਿੱਖਾਂ ਦੇ) ਅੰਤ ਸਮੇਂ ਭੀ ਮਦਦਗਾਰ ਬਣਦੇ ਹਨ, ਇਸ ਲੋਕ ਤੇ ਪਰਲੋਕ ਵਿਚ ਰੱਖਿਆ ਕਰਦੇ ਹਨ ।

ਹੇ ਨਾਨਕ! (ਆਖ—) ਮੈਂ ਪਰਮਾਤਮਾ ਤੋਂ ਸਦਾ ਕੁਰਬਾਨ ਜਾਂਦਾ ਹਾਂ ਉਸ ਦਾ ਨਾਮ ਹੀ ਮੇਰੇ ਪਾਸ ਐਸਾ ਧਨ ਹੈ ਜੋ ਮੇਰੀ ਜਿੰਦ ਦਾ ਹਿਤੂ ਤੇ ਮੇਰਾ ਮਿੱਤਰ ਹੈ ।੪।੬।੪੫।

ਆਸਾ ਮਹਲਾ ੫ ॥ ਜਾ ਤੂੰ ਸਾਹਿਬੁ ਤਾ ਭਉ ਕੇਹਾ ਹਉ ਤੁਧੁ ਬਿਨੁ ਕਿਸੁ ਸਾਲਾਹੀ ॥ ਏਕੁ ਤੂੰ ਤਾ ਸਭੁ ਕਿਛੁ ਹੈ ਮੈ ਤੁਧੁ ਬਿਨੁ ਦੂਜਾ ਨਾਹੀ ॥੧॥ ਬਾਬਾ ਬਿਖੁ ਦੇਖਿਆ ਸੰਸਾਰੁ ॥ ਰਖਿਆ ਕਰਹੁ ਗੁਸਾਈ ਮੇਰੇ ਮੈ ਨਾਮੁ ਤੇਰਾ ਆਧਾਰੁ ॥੧॥ ਰਹਾਉ ॥ ਜਾਣਹਿ ਬਿਰਥਾ ਸਭਾ ਮਨ ਕੀ ਹੋਰੁ ਕਿਸੁ ਪਹਿ ਆਖਿ ਸੁਣਾਈਐ ॥ ਵਿਣੁ ਨਾਵੈ ਸਭੁ ਜਗੁ ਬਉਰਾਇਆ ਨਾਮੁ ਮਿਲੈ ਸੁਖੁ ਪਾਈਐ ॥੨॥

ਕਿਆ ਕਹੀਐ ਕਿਸੁ ਆਖਿ ਸੁਣਾਈਐ ਜਿ ਕਹਣਾ ਸੁ ਪ੍ਰਭ ਜੀ ਪਾਸਿ ॥ ਸਭੁ ਕਿਛੁ ਕੀਤਾ ਤੇਰਾ ਵਰਤੈ ਸਦਾ ਸਦਾ ਤੇਰੀ ਆਸ ॥੩॥ ਜੇ ਦੇਹਿ ਵਡਿਆਈ ਤਾ ਤੇਰੀ ਵਡਿਆਈ ਇਤ ਉਤ ਤੁਝਹਿ ਧਿਆਉ ॥ ਨਾਨਕ ਕੇ ਪ੍ਰਭ ਸਦਾ ਸੁਖਦਾਤੇ ਮੈ ਤਾਣੁ ਤੇਰਾ ਇਕੁ ਨਾਉ ॥੪॥੭॥੪੬॥ {ਪੰਨਾ 382}

ਪਦਅਰਥ:- ਸਾਹਿਬੁ—ਮਾਲਕ । ਸਾਲਾਹੀ—ਮੈਂ ਸ਼ਲਾਘਾ ਕਰਾਂ । ਸਭੁ ਕਿਛੁ—ਹਰੇਕ (ਲੋੜੀਂਦੀ) ਚੀਜ਼ ।੧।

ਬਾਬਾ—ਹੇ ਪ੍ਰਭੂ! ਬਿਖੁ—ਜ਼ਹਰ । ਸੰਸਾਰੁ—ਜਗਤ (ਦਾ ਮੋਹ) । ਗੁਸਾਈ ਮੇਰੇ—ਹੇ ਮੇਰੇ ਮਾਲਕ! ਆਧਾਰੁ—ਆਸਰਾ ।੧।ਰਹਾਉ।

ਜਾਣਹਿ—ਤੂੰ ਜਾਣਦਾ ਹੈਂ । ਬਿਰਥਾ—{ÒXQW} ਪੀੜਾ । ਸਭਾ—ਸਾਰੀ । ਪਹਿ—ਪਾਸ, ਕੋਲ । ਬਉਰਾਇਆ—ਝੱਲਾ ਹੋਇਆ ।੨।

ਕਿਹਾ ਕਹੀਐ—ਕੁਝ ਨਹੀਂ ਕਹਿਣਾ ਚਾਹੀਦਾ । ਜਿ—ਜੋ ਕੁਝ । ਵਰਤੈ—ਵਰਤ ਰਿਹਾ ਹੈ, ਹੋ ਰਿਹਾ ਹੈ ।੩।

ਇਤ ਉਤ—ਲੋਕ ਪਰਲੋਕ ਵਿਚ । ਤੁਝਹਿ—ਤੈਨੂੰ ਹੀ । ਤਾਣੁ—ਬਲ, ਸਹਾਰਾ ।੪।

ਅਰਥ:- ਹੇ ਪ੍ਰਭੂ! ਮੈਂ ਵੇਖ ਲਿਆ ਹੈ ਕਿ ਸੰਸਾਰ (ਦਾ ਮੋਹ) ਜ਼ਹਰ ਹੈ (ਜੋ ਆਤਮਕ ਜੀਵਨ ਨੂੰ ਮਾਰ ਮੁਕਾਂਦਾ ਹੈ) । ਹੇ ਮੇਰੇ ਖਸਮ-ਪ੍ਰਭੂ! (ਇਸ ਜ਼ਹਰ ਤੋਂ) ਮੈਨੂੰ ਬਚਾਈ ਰੱਖ, ਤੇਰਾ ਨਾਮ ਮੇਰੀ ਜ਼ਿੰਦਗੀ ਦਾ ਆਸਰਾ ਬਣਿਆ ਰਹੇ ।੧।ਰਹਾਉ।

ਹੇ ਪ੍ਰਭੂ! ਜੇ ਤੂੰ ਮਾਲਕ (ਮੇਰੇ ਸਿਰ ਉਤੇ ਹੱਥ ਰੱਖੀ ਰੱਖੇਂ, ਤਾਂ ਮੈਨੂੰ ਮਾਇਆ-ਜ਼ਹਰ ਤੋਂ) ਕੋਈ ਡਰ-ਖ਼ਤਰਾ ਨਹੀਂ ਹੋ ਸਕਦਾ, ਮੈਂ ਤੈਥੋਂ ਬਿਨਾ ਕਿਸੇ ਹੋਰ ਦੀ ਸ਼ਲਾਘਾ ਨਹੀਂ ਕਰਦਾ (ਮੈਂ ਤੈਥੋਂ ਬਿਨਾ ਕਿਸੇ ਹੋਰ ਨੂੰ ਮਾਇਆ-ਜ਼ਹਰ ਤੋਂ ਬਚਾਣ ਦੇ ਸਮਰਥ ਨਹੀਂ ਸਮਝਦਾ) । ਹੇ ਪ੍ਰਭੂ! ਜੇ ਇਕ ਤੂੰ ਹੀ ਮੇਰੇ ਵੱਲ ਰਹੇਂ ਤਾਂ ਹਰੇਕ ਲੋੜੀਂਦੀ ਸ਼ੈ ਮੇਰੇ ਪਾਸ ਹੈ, ਤੈਥੋਂ ਬਿਨਾ ਮੇਰਾ ਕੋਈ ਹੋਰ ਸਹਾਈ ਨਹੀਂ ਹੈ ।੧।

ਹੇ ਪ੍ਰਭੂ! ਤੂੰ ਹੀ (ਹਰੇਕ ਜੀਵ ਦੇ) ਮਨ ਦੀ ਸਾਰੀ ਪੀੜਾ ਜਾਣਦਾ ਹੈਂ, ਤੈਥੋਂ ਬਿਨਾ ਕਿਸੇ ਹੋਰ ਨੂੰ ਆਪਣੇ ਮਨ ਦਾ ਦੁੱਖ-ਦਰਦ ਦੱਸਣਾ ਵਿਅਰਥ ਹੈ । (ਹੇ ਭਾਈ!) ਪਰਮਾਤਮਾ ਦੇ ਨਾਮ ਤੋਂ ਖੁੰਝ ਕੇ ਸਾਰਾ ਜਗਤ ਝੱਲਾ ਹੋਇਆ ਫਿਰਦਾ ਹੈ । ਜੇ ਪਰਮਾਤਮਾ ਦਾ ਨਾਮ ਪ੍ਰਾਪਤ ਹੋ ਜਾਏ ਤਾਂ ਆਤਮਕ ਆਨੰਦ ਮਾਣੀਦਾ ਹੈ ।੨।

(ਹੇ ਭਾਈ! ਆਪਣੇ ਮਨ ਦਾ ਦੁੱਖ-ਦਰਦ) ਜੋ ਕੁਝ ਭੀ ਆਖਣਾ ਹੋਵੇ ਪਰਮਾਤਮਾ ਦੇ ਕੋਲ ਹੀ ਆਖਣਾ ਚਾਹੀਦਾ ਹੈ, ਉਸ ਤੋਂ ਬਿਨਾ ਕਿਸੇ ਹੋਰ ਨੂੰ ਕੁਝ ਨਹੀਂ ਕਹਿਣਾ ਚਾਹੀਦਾ (ਕਿਉਂਕਿ ਪਰਮਾਤਮਾ ਹੀ ਸਾਡੇ ਦੁੱਖ ਦੂਰ ਕਰਨ ਜੋਗਾ ਹੈ) ।

ਹੇ ਪ੍ਰਭੂ! ਜਗਤ ਵਿਚ ਜੋ ਕੁਝ ਹੋ ਰਿਹਾ ਹੈ ਸਭ ਕੁਝ ਤੇਰਾ ਕੀਤਾ ਹੀ ਹੋ ਰਿਹਾ ਹੈ । ਅਸਾਨੂੰ ਜੀਵਾਂ ਨੂੰ ਸਦਾ ਤੇਰੀ ਸਹਾਇਤਾ ਦੀ ਹੀ ਆਸ ਹੋ ਸਕਦੀ ਹੈ ।੩।

ਹੇ ਪ੍ਰਭੂ! ਜੇ ਤੂੰ ਮੈਨੂੰ ਕੋਈ ਮਾਣ-ਵਡਿਆਈ ਬਖ਼ਸ਼ਦਾ ਹੈਂ ਤਾਂ ਇਸ ਨਾਲ ਭੀ ਤੇਰੀ ਹੀ ਸੋਭਾ ਖਿਲਰਦੀ ਹੈ ਕਿਉਂਕਿ ਮੈਂ ਤਾਂ ਇਸ ਲੋਕ ਤੇ ਪਰਲੋਕ ਵਿਚ ਸਦਾ ਹੀ ਤੇਰਾ ਹੀ ਧਿਆਨ ਧਰਦਾ ਹਾਂ । ਹੇ ਨਾਨਕ ਦੇ ਪ੍ਰਭੂ! ਹੇ ਸਦਾ ਸੁਖ ਦੇਣ ਵਾਲੇ ਪ੍ਰਭੂ! ਤੇਰਾ ਨਾਮ ਹੀ ਮੇਰੇ ਵਾਸਤੇ ਸਹਾਰਾ ਹੈ ।੪।੭।੪੬।

ਆਸਾ ਮਹਲਾ ੫ ॥ ਅੰਮ੍ਰਿਤੁ ਨਾਮੁ ਤੁਮ੍ਾਰਾ ਠਾਕੁਰ ਏਹੁ ਮਹਾ ਰਸੁ ਜਨਹਿ ਪੀਓ ॥ ਜਨਮ ਜਨਮ ਚੂਕੇ ਭੈ ਭਾਰੇ ਦੁਰਤੁ ਬਿਨਾਸਿਓ ਭਰਮੁ ਬੀਓ ॥੧॥ ਦਰਸਨੁ ਪੇਖਤ ਮੈ ਜੀਓ ॥ ਸੁਨਿ ਕਰਿ ਬਚਨ ਤੁਮ੍ਾਰੇ ਸਤਿਗੁਰ ਮਨੁ ਤਨੁ ਮੇਰਾ ਠਾਰੁ ਥੀਓ ॥੧॥ ਰਹਾਉ ॥ ਤੁਮ੍ਰੀ ਕ੍ਰਿਪਾ ਤੇ ਭਇਓ ਸਾਧਸੰਗੁ ਏਹੁ ਕਾਜੁ ਤੁਮ੍ ਆਪਿ ਕੀਓ ॥ ਦ੍ਰਿੜੁ ਕਰਿ ਚਰਣ ਗਹੇ ਪ੍ਰਭ ਤੁਮ੍ਰੇ ਸਹਜੇ ਬਿਖਿਆ ਭਈ ਖੀਓ ॥੨॥ ਸੁਖ ਨਿਧਾਨ ਨਾਮੁ ਪ੍ਰਭ ਤੁਮਰਾ ਏਹੁ ਅਬਿਨਾਸੀ ਮੰਤ੍ਰੁ ਲੀਓ ॥ ਕਰਿ ਕਿਰਪਾ ਮੋਹਿ ਸਤਿਗੁਰਿ ਦੀਨਾ ਤਾਪੁ ਸੰਤਾਪੁ ਮੇਰਾ ਬੈਰੁ ਗੀਓ ॥੩॥ ਧੰਨੁ ਸੁ ਮਾਣਸ ਦੇਹੀ ਪਾਈ ਜਿਤੁ ਪ੍ਰਭਿ ਅਪਨੈ ਮੇਲਿ ਲੀਓ ॥ ਧੰਨੁ ਸੁ ਕਲਿਜੁਗੁ ਸਾਧਸੰਗਿ ਕੀਰਤਨੁ ਗਾਈਐ ਨਾਨਕ ਨਾਮੁ ਅਧਾਰੁ ਹੀਓ ॥੪॥੮॥੪੭॥ {ਪੰਨਾ 382}

ਪਦਅਰਥ:- ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਜਲ । ਠਾਕੁਰ—ਹੇ ਪਾਲਣਹਾਰ ਪ੍ਰਭੂ! ਜਨਹਿ—ਜਨ ਨੇ ਹੀ, ਦਾਸ ਨੇ ਹੀ । ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ} । ਭਾਰੇ—ਬੋਝ, ਜ਼ਿੰਮੇਵਾਰੀਆਂ । ਦੁਰਤੁ—ਪਾਪ । ਬੀਓ—ਦੂਜਾ ।੧।

ਮੈ ਜੀਓ—ਮੈਨੂੰ ਆਤਮਕ ਜੀਵਨ ਮਿਲਦਾ ਹੈ । ਸਤਿਗੁਰ—ਹੇ ਸਤਿਗੁਰ! ਠਾਰੁ—ਸੀਤਲ, ਠੰਢਾ, ਸ਼ਾਂਤ ।੧।ਰਹਾਉ।

ਤੇ—ਤੋਂ, ਨਾਲ । ਦ੍ਰਿੜੁ ਕਰਿ—ਪੱਕੇ ਕਰਕੇ, ਘੁੱਟ ਕੇ । ਗਹੇ—ਫੜ ਲਏ । ਸਹਜੇ—ਸਹਜਿ, ਆਤਮਕ ਅਡੋਲਤਾ ਵਿਚ ਟਿਕਿਆਂ । ਬਿਖਿਆ—ਮਾਇਆ (ਦਾ ਪ੍ਰਭਾਵ) । ਖੀਓ—ਖੈ, ਨਾਸ ।੨।

ਸੁਖ ਨਿਧਾਨ—ਹੇ ਸੁਖਾਂ ਦੇ ਖ਼ਜ਼ਾਨੇ! ਅਬਿਨਾਸੀ—ਕਦੇ ਨਾਸ ਨਾਹ ਹੋਣ ਵਾਲਾ । ਮੋਹਿ—ਮੈਨੂੰ । ਸਤਿਗੁਰਿ—ਗੁਰੂ ਨੇ । ਗੀਓ—ਚਲਾ ਲਿਆ ਹੈ ।੩।

ਦੇਹੀ—ਸਰੀਰ । ਜਿਤੁ—ਜਿਸ ਦੀ ਰਾਹੀਂ । ਪ੍ਰਭਿ—ਪ੍ਰਭੂ ਨੇ । ਸਾਧ ਸੰਗਿ—ਸਾਧ ਸੰਗਤਿ ਵਿਚ । ਹੀਓ—ਹਿਰਦੇ ਦਾ । ਅਧਾਰੁ—ਆਸਰਾ ।੪।

ਅਰਥ:- ਹੇ ਸਤਿਗੁਰੂ! ਤੇਰਾ ਦਰਸਨ ਕਰ ਕੇ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੋ ਜਾਂਦਾ ਹੈ, ਤੇਰੇ ਬਚਨ ਸੁਣ ਕੇ ਮੇਰਾ ਮਨ ਮੇਰਾ ਤਨ ਠੰਡਾ-ਠਾਰ ਹੋ ਜਾਂਦਾ ਹੈ ।੧।ਰਹਾਉ।

ਹੇ ਠਾਕੁਰ! ਤੇਰਾ ਨਾਮ ਆਤਮਕ ਜੀਵਨ ਦੇਣ ਵਾਲਾ ਜਲ ਹੈ (ਗੁਰੂ ਦੀ ਸਹਾਇਤਾ ਨਾਲ) ਇਹ ਸ੍ਰੇਸ਼ਟ-ਰਸ ਤੇਰੇ ਕਿਸੇ ਦਾਸ ਨੇ ਹੀ ਪੀਤਾ ਹੈ (ਜਿਸ ਨੇ ਪੀਤਾ ਉਸ ਦੇ) ਜਨਮਾਂ ਜਨਮਾਂਤਰਾਂ ਦੇ ਡਰ ਤੇ (ਕੀਤੇ ਵਿਕਾਰਾਂ ਦੇ) ਭਾਰ ਮੁੱਕ ਗਏ, (ਉਸ ਦੇ ਅੰਦਰੋਂ) ਪਾਪ ਨਾਸ ਹੋ ਗਿਆ (ਉਸ ਦੇ ਅੰਦਰੋਂ) ਦੂਜੀ ਭਟਕਣਾ (ਮਾਇਆ ਦੀ ਭਟਕਣਾ) ਦੂਰ ਹੋ ਗਈ ।੧।

ਹੇ ਪ੍ਰਭੂ! ਤੇਰੀ ਮੇਹਰ ਨਾਲ (ਮੈਨੂੰ) ਗੁਰੂ ਦੀ ਸੰਗਤਿ ਹਾਸਲ ਹੋਈ, ਇਹ (ਸੋਹਣਾ) ਕੰਮ ਤੂੰ ਆਪ ਹੀ ਕੀਤਾ, (ਗੁਰੂ ਦੀ ਸਿੱਖਿਆ ਨਾਲ) ਮੈਂ, ਹੇ ਪ੍ਰਭੂ! ਤੇਰੇ ਚਰਨ ਘੁੱਟ ਕੇ ਫੜ ਲਏ, ਮੈਂ ਆਤਮਕ ਅਡੋਲਤਾ ਵਿਚ ਟਿਕ ਗਿਆ ਤੇ (ਮੇਰੇ ਅੰਦਰੋਂ) ਮਾਇਆ ਦਾ ਜ਼ੋਰ ਖ਼ਤਮ ਹੋ ਗਿਆ ਹੈ ।੨।

ਹੇ ਸੁਖਾਂ ਦੇ ਖ਼ਜ਼ਾਨੇ ਪ੍ਰਭੂ! ਕਦੇ ਨਾਹ ਨਾਸ ਹੋਣ ਵਾਲਾ ਤੇਰਾ ਨਾਮ-ਮੰਤ੍ਰ ਮੈਂ ਜਪਣਾ ਸ਼ੁਰੂ ਕਰ ਦਿੱਤਾ, ਤੇਰਾ ਇਹ ਨਾਮ-ਮੰਤ੍ਰ ਮੇਹਰ ਕਰ ਕੇ ਮੈਨੂੰ ਸਤਿਗੁਰੂ ਨੇ ਦਿੱਤਾ (ਜਿਸ ਦੀ ਬਰਕਤਿ ਨਾਲ) ਮੇਰੇ ਅੰਦਰੋਂ (ਹਰੇਕ ਕਿਸਮ

ਦਾ) ਦੁੱਖ ਕਲੇਸ਼ ਤੇ ਵੈਰ-ਵਿਰੋਧ ਦੂਰ ਹੋ ਗਿਆ ।੩।

ਹੇ ਨਾਨਕ! (ਆਖ—) ਮੈਨੂੰ ਭਾਗਾਂ ਵਾਲਾ ਮਨੁੱਖਾ ਸਰੀਰ ਮਿਲਿਆ ਜਿਸ ਦੀ ਬਰਕਤਿ ਨਾਲ ਪ੍ਰਭੂ ਨੇ ਮੈਨੂੰ ਆਪਣੇ ਚਰਨਾਂ ਵਿਚ ਜੋੜ ਲਿਆ (ਲੋਕ ਕਲਿਜੁਗ ਨੂੰ ਨਿੰਦਦੇ ਹਨ, ਪਰ) ਇਹ ਕਲਿਜੁਗ ਭੀ ਮੁਬਾਰਿਕ ਹੈ ਜੇ ਗੁਰੂ ਦੀ ਸੰਗਤਿ ਵਿਚ ਟਿਕ ਕੇ ਪਰਮਾਤਮਾ ਦਾ ਕੀਰਤਨ ਕੀਤਾ ਜਾਏ ਤੇ ਜੇ ਪਰਮਾਤਮਾ ਦਾ ਨਾਮ ਹਿਰਦੇ ਦਾ ਆਸਰਾ ਬਣਿਆ ਰਹੇ ।੪।੮।੪੭।

ਆਸਾ ਮਹਲਾ ੫ ॥ ਆਗੈ ਹੀ ਤੇ ਸਭੁ ਕਿਛੁ ਹੂਆ ਅਵਰੁ ਕਿ ਜਾਣੈ ਗਿਆਨਾ ॥ ਭੂਲ ਚੂਕ ਅਪਨਾ ਬਾਰਿਕੁ ਬਖਸਿਆ ਪਾਰਬ੍ਰਹਮ ਭਗਵਾਨਾ ॥੧॥ ਸਤਿਗੁਰੁ ਮੇਰਾ ਸਦਾ ਦਇਆਲਾ ਮੋਹਿ ਦੀਨ ਕਉ ਰਾਖਿ ਲੀਆ ॥ ਕਾਟਿਆ ਰੋਗੁ ਮਹਾ ਸੁਖੁ ਪਾਇਆ ਹਰਿ ਅੰਮ੍ਰਿਤੁ ਮੁਖਿ ਨਾਮੁ ਦੀਆ ॥੧॥ ਰਹਾਉ ॥ ਅਨਿਕ ਪਾਪ ਮੇਰੇ ਪਰਹਰਿਆ ਬੰਧਨ ਕਾਟੇ ਮੁਕਤ ਭਏ ॥ ਅੰਧ ਕੂਪ ਮਹਾ ਘੋਰ ਤੇ ਬਾਹ ਪਕਰਿ ਗੁਰਿ ਕਾਢਿ ਲੀਏ ॥੨॥ ਨਿਰਭਉ ਭਏ ਸਗਲ ਭਉ ਮਿਟਿਆ ਰਾਖੇ ਰਾਖਨਹਾਰੇ ॥ ਐਸੀ ਦਾਤਿ ਤੇਰੀ ਪ੍ਰਭ ਮੇਰੇ ਕਾਰਜ ਸਗਲ ਸਵਾਰੇ ॥੩॥ ਗੁਣ ਨਿਧਾਨ ਸਾਹਿਬ ਮਨਿ ਮੇਲਾ ॥ ਸਰਣਿ ਪਇਆ ਨਾਨਕ ਸੁੋਹੇਲਾ ॥੪॥੯॥੪੮॥ {ਪੰਨਾ 383}

ਪਦਅਰਥ:- ਆਗੈ ਹੀ ਤੇ—ਧੁਰ ਦਰਗਾਹ ਤੋਂ ਹੀ । ਕਿ—ਕੇਹੜਾ? ਭੂਲ ਚੂਕ—ਭੁੱਲਾਂ ਚੁੱਕਾਂ, ਗ਼ਲਤੀਆਂ ।੧।

ਮੋਹਿ—ਮੈਨੂੰ । ਕਉ—ਨੂੰ । ਦੀਨ—ਕੰਗਾਲ । ਮੁਖਿ—ਮੂੰਹ ਵਿਚ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਜਲ ।੧।ਰਹਾਉ।

ਪਰਹਰਿਆ—ਦੂਰ ਕਰ ਦਿੱਤੇ । ਮੁਕਤ—ਸੁਤੰਤਰ । ਕੂਪ—ਖੂਹ । ਤੇ—ਤੋਂ, ਵਿਚੋਂ । ਅੰਧ ਘੋਰ—ਘੁੱਪ ਹਨੇਰਾ । ਪਕਰਿ—ਫੜ ਕੇ । ਗੁਰਿ—ਗੁਰੂ ਨੇ ।੨।

ਰਾਖਨਹਾਰੇ—ਬਚਾਣ ਦੀ ਸਮਰੱਥਾ ਰੱਖਣ ਵਾਲੇ ਪ੍ਰਭੂ ਨੇ । ਸਗਲ—ਸਾਰੇ ।੩।

ਮਨਿ—ਮਨ ਵਿਚ । ਮੇਲਾ—ਮਿਲਾਪ । ਸੁੋਹੇਲਾ—ਸੌਖਾ {ਨੋਟ:- ਅੱਖਰ 'ਸ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ । ਅਸਲ ਲਫ਼ਜ਼ ਹੈ 'ਸੁਹੇਲਾ', ਪਰ ਇਥੇ ਇਸ ਨੂੰ 'ਸੋਹੇਲਾ' ਪੜ੍ਹਨਾ ਹੈ} ।

ਅਰਥ:- (ਹੇ ਭਾਈ!) ਮੇਰਾ ਸਤਿਗੁਰੂ ਸਦਾ ਹੀ ਦਇਆਵਾਨ ਰਹਿੰਦਾ ਹੈ ਉਸ ਨੇ ਮੈਨੂੰ (ਆਤਮਕ ਜੀਵਨ ਦੇ ਸਰਮਾਏ ਵਲੋਂ) ਕੰਗਾਲ ਨੂੰ (ਆਤਮਕ ਮੌਤ ਲਿਆਉਣ ਵਾਲੇ ਰੋਗ ਤੋਂ) ਬਚਾ ਲਿਆ । (ਸਤਿਗੁਰੂ ਨੇ) ਮੇਰੇ ਮੂੰਹ ਵਿਚ ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪਾਇਆ (ਮੇਰਾ ਵਿਕਾਰਾਂ ਦਾ) ਰੋਗ ਕੱਟਿਆ ਗਿਆ, ਮੈਨੂੰ ਬੜਾ ਆਤਮਕ ਆਨੰਦ ਪ੍ਰਾਪਤ ਹੋਇਆ ।੧।ਰਹਾਉ।

ਜੋ ਬਖ਼ਸ਼ਸ਼ ਮੇਰੇ ਉਤੇ ਹੋਈ ਹੈ ਧੁਰੋਂ ਹੀ ਹੋਈ ਹੈ—ਇਸ ਤੋਂ ਬਿਨਾ ਜੀਵ ਹੋਰ ਕੀ ਗਿਆਨ ਸਮਝ ਸਕਦਾ ਹੈ? ਮੇਰੀਆਂ ਅਨੇਕਾਂ ਭੁੱਲਾਂ ਚੁੱਕਾਂ ਵੇਖ ਕੇ ਭੀ ਪਾਰਬ੍ਰਹਮ ਭਗਵਾਨ ਨੇ ਮੈਨੂੰ ਆਪਣੇ ਬਾਲਕ ਨੂੰ ਬਖ਼ਸ਼ ਲਿਆ ਹੈ ।੧।

(ਹੇ ਭਾਈ!) ਗੁਰੂ ਨੇ ਮੇਰੇ ਅਨੇਕਾਂ ਪਾਪ ਦੂਰ ਕਰ ਦਿੱਤੇ ਹਨ, ਮੇਰੇ (ਮਾਇਆ ਦੇ ਮੋਹ ਦੇ) ਬੰਧਨ ਕੱਟ ਦਿੱਤੇ ਹਨ ਮੈਂ (ਮੋਹ ਦੇ ਬੰਧਨਾਂ ਤੋਂ) ਸੁਤੰਤਰ ਹੋ ਗਿਆ ਹਾਂ । ਗੁਰੂ ਨੇ ਮੇਰੀ ਬਾਂਹ ਫੜ ਕੇ ਮੈਨੂੰ (ਮਾਇਆ ਦੇ ਮੋਹ

ਦੇ) ਘੁੱਪ ਹਨੇਰੇ ਖੂਹ ਵਿਚੋਂ ਕੱਢ ਲਿਆ ਹੈ ।੨।

(ਹੇ ਭਾਈ! ਵਿਕਾਰਾਂ ਤੋਂ) ਬਚਾ ਸਕਣ ਦੀ ਤਾਕਤ ਰੱਖਣ ਵਾਲੇ ਪਰਮਾਤਮਾ ਨੇ (ਮੈਨੂੰ ਵਿਕਾਰਾਂ ਤੋਂ) ਬਚਾ ਲਿਆ ਹੈ, ਹੁਣ (ਮਾਇਆ ਦੇ ਹੱਲਿਆਂ ਵਲੋਂ) ਬੇ-ਫ਼ਿਕਰ ਹਾਂ (ਇਸ ਪਾਸੇ ਵਲੋਂ) ਮੇਰਾ ਹਰੇਕ ਕਿਸਮ ਦਾ ਡਰ-ਖ਼ਤਰਾ ਮੁੱਕ ਗਿਆ ਹੈ । ਹੇ ਮੇਰੇ ਪ੍ਰਭੂ! ਤੇਰੀ ਅਜੇਹੀ ਬਖ਼ਸ਼ਸ਼ ਮੇਰੇ ਉੱਤੇ ਹੋਈ ਹੈ ਕਿ ਮੇਰੇ (ਆਤਮਕ ਜੀਵਨ ਦੇ) ਸਾਰੇ ਹੀ ਕਾਰਜ ਸਿਰੇ ਚੜ੍ਹ ਗਏ ਹਨ ।੩।

ਹੇ ਨਾਨਕ! (ਆਖ—ਹੇ ਭਾਈ!) ਗੁਣਾਂ ਦੇ ਖ਼ਜ਼ਾਨੇ ਮਾਲਕ-ਪ੍ਰਭੂ ਦਾ ਮੇਰੇ ਮਨ ਵਿਚ ਮਿਲਾਪ ਹੋ ਗਿਆ ਹੈ (ਜਦੋਂ ਦਾ ਗੁਰੂ ਦੀ ਕਿਰਪਾ ਨਾਲ) ਮੈਂ (ਉਸ ਦੀ) ਸਰਨ ਪਿਆ ਹਾਂ ਮੈਂ ਸੌਖਾ ਹੋ ਗਿਆ ਹਾਂ ।੪।੯।੪੮।

ਆਸਾ ਮਹਲਾ ੫ ॥ ਤੂੰ ਵਿਸਰਹਿ ਤਾਂ ਸਭੁ ਕੋ ਲਾਗੂ ਚੀਤਿ ਆਵਹਿ ਤਾਂ ਸੇਵਾ ॥ ਅਵਰੁ ਨ ਕੋਊ ਦੂਜਾ ਸੂਝੈ ਸਾਚੇ ਅਲਖ ਅਭੇਵਾ ॥੧॥ ਚੀਤਿ ਆਵੈ ਤਾਂ ਸਦਾ ਦਇਆਲਾ ਲੋਗਨ ਕਿਆ ਵੇਚਾਰੇ ॥ ਬੁਰਾ ਭਲਾ ਕਹੁ ਕਿਸ ਨੋ ਕਹੀਐ ਸਗਲੇ ਜੀਅ ਤੁਮ੍ਾਰੇ ॥੧॥ ਰਹਾਉ ॥ ਤੇਰੀ ਟੇਕ ਤੇਰਾ ਆਧਾਰਾ ਹਾਥ ਦੇਇ ਤੂੰ ਰਾਖਹਿ ॥ ਜਿਸੁ ਜਨ ਊਪਰਿ ਤੇਰੀ ਕਿਰਪਾ ਤਿਸ ਕਉ ਬਿਪੁ ਨ ਕੋਊ ਭਾਖੈ ॥੨॥ ਓਹੋ ਸੁਖੁ ਓਹਾ ਵਡਿਆਈ ਜੋ ਪ੍ਰਭ ਜੀ ਮਨਿ ਭਾਣੀ ॥ ਤੂੰ ਦਾਨਾ ਤੂੰ ਸਦ ਮਿਹਰਵਾਨਾ ਨਾਮੁ ਮਿਲੈ ਰੰਗੁ ਮਾਣੀ ॥੩॥ ਤੁਧੁ ਆਗੈ ਅਰਦਾਸਿ ਹਮਾਰੀ ਜੀਉ ਪਿੰਡੁ ਸਭੁ ਤੇਰਾ ॥ ਕਹੁ ਨਾਨਕ ਸਭ ਤੇਰੀ ਵਡਿਆਈ ਕੋਈ ਨਾਉ ਨ ਜਾਣੈ ਮੇਰਾ ॥੪॥੧੦॥੪੯॥ {ਪੰਨਾ 383}

ਪਦਅਰਥ:- ਸਭੁ ਕੋ—ਹਰੇਕ ਜੀਵ । ਲਾਗੂ—ਵੈਰੀ । ਚੀਤਿ—ਚਿੱਤ ਵਿਚ । ਆਵਹਿ—ਜੇ ਤੂੰ ਆ ਵੱਸੇਂ । ਸੇਵਾ—ਆਦਰ । ਅਵਰੁ—ਹੋਰ । ਸਾਚੇ—ਹੇ ਸਦਾ ਕਾਇਮ ਰਹਿਣ ਵਾਲੇ! ਅਲਖ—ਹੇ ਅਲੱਖ । (ਜਿਸ ਦਾ ਸਹੀ ਸਰੂਪ ਬਿਆਨ ਨਾਹ ਕੀਤਾ ਜਾ ਸਕੇ) । ਅਭੇਵ—ਜਿਸ ਦਾ ਭੇਦ ਨਾਹ ਪਾਇਆ ਜਾ ਸਕੇ ।੧।

ਆਵੈ ਚੀਤਿ—ਜੇ ਪਰਮਾਤਮਾ ਚਿੱਤ ਵਿਚ ਆ ਵੱਸੇ । ਵੇਚਾਰੇ—ਨਿਮਾਣੇ । ਕਹੁ—ਦੱਸ । ਜੀਅ—{ਲਫ਼ਜ਼ 'ਜੀਵ' ਤੋਂ ਬਹੁ-ਵਚਨ} ।੧।ਰਹਾਉ।

ਆਧਾਰਾ—ਆਸਰਾ । ਦੇਇ—ਦੇ ਕੇ । ਕਉ—ਨੂੰ । ਬਿਪੁ—{ivp|X} ਮੰਦਾ ਬਚਨ । ਭਾਖੈ—ਆਖਦਾ ।੨।

ਓਹੋ—ਉਹ ਹੀ । ਓਹਾ—ਉਹ ਹੀ {ਇਸਤ੍ਰੀਲਿੰਗ ਲਫ਼ਜ਼ "ਓਹੋ" ਦਾ} । ਮਨਿ—ਮਨ ਵਿਚ । ਭਾਣੀ—ਪਸੰਦ ਆਉਂਦੀ । ਦਾਨਾ—ਜਾਣਨ ਵਾਲਾ । ਮਾਣੀ—ਮੈਂ ਮਾਣਾਂ । ਸਦ—ਸਦਾ ।੩।

ਜੀਉ—ਜਿੰਦ । ਪਿੰਡੁ—ਸਰੀਰ । ਨਾਨਕ—ਹੇ ਨਾਨਕ! ।੪।

ਅਰਥ:- ਹੇ ਭਾਈ! ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਦੀ ਯਾਦ ਟਿਕੀ ਰਹਿੰਦੀ ਹੈ ਉਸ ਉਤੇ ਪਰਮਾਤਮਾ ਸਦਾ ਦਇਆਵਾਨ ਰਹਿੰਦਾ ਹੈ, ਦੁਨੀਆ ਦੇ ਵਿਚਾਰੇ ਲੋਕ ਉਸ ਦਾ ਕੁਝ ਵਿਗਾੜ ਨਹੀਂ ਸਕਦੇ ।

ਹੇ ਪ੍ਰਭੂ! ਸਾਰੇ ਜੀਵ ਤੇਰੇ ਪੈਦਾ ਕੀਤੇ ਹੋਏ ਹਨ । ਫਿਰ ਦੱਸ, ਕਿਸ ਨੂੰ ਚੰਗਾ ਆਖਿਆ ਜਾ ਸਕਦਾ ਹੈ ਤੇ ਕਿਸ ਨੂੰ ਮੰਦਾ ਕਿਹਾ ਜਾ ਸਕਦਾ ਹੈ? (ਭਾਵ, ਪਰਮਾਤਮਾ ਦੀ ਯਾਦ ਮਨ ਵਿਚ ਵਸਾਣ ਵਾਲੇ ਮਨੁੱਖ ਨੂੰ ਸਭ ਜੀ ਪਰਮਾਤਮਾ ਦੇ ਪੈਦਾ ਕੀਤੇ ਦਿੱਸਦੇ ਹਨ, ਉਹ ਕਿਸੇ ਨੂੰ ਮਾੜਾ ਨਹੀਂ ਸਮਝਦਾ) ।੧।ਰਹਾਉ।

ਹੇ ਪ੍ਰਭੂ! ਜੇ ਤੂੰ ਮੇਰੇ ਮਨ ਵਿਚੋਂ ਭੁੱਲ ਜਾਏਂ ਤਾਂ ਹਰੇਕ ਜੀਵ ਮੈਨੂੰ ਵੈਰੀ ਜਾਪਦਾ ਹੈ, ਪਰ ਜੇ ਤੂੰ ਮੇਰੇ ਚਿੱਤ ਵਿਚ

ਆ ਵੱਸੇਂ ਤਾਂ ਹਰ ਕੋਈ ਮੇਰਾ ਆਦਰ ਸਤਕਾਰ ਕਰਦਾ ਹੈ । ਹੇ ਸਦਾ ਕਾਇਮ ਰਹਿਣ ਵਾਲੇ! ਹੇ ਅਲੱਖ! ਹੇ ਅਭੇਵ ਪ੍ਰਭੂ! ਮੈਨੂੰ (ਜਗਤ ਵਿਚ) ਤੇਰੇ ਬਰਾਬਰ ਦਾ ਹੋਰ ਕੋਈ ਨਹੀਂ ਦਿੱਸਦਾ ।੧।

ਹੇ ਪ੍ਰਭੂ! ਮੈਨੂੰ ਤੇਰੀ ਹੀ ਓਟ ਹੈ, ਤੇਰਾ ਹੀ ਆਸਰਾ ਹੈ, ਤੂੰ ਆਪਣਾ ਹੱਥ ਦੇ ਕੇ ਆਪ (ਸਾਡੀ) ਰੱਖਿਆ ਕਰਦਾ ਹੈਂ । ਜਿਸ ਮਨੁੱਖ ਉਤੇ ਤੇਰੀ (ਮੇਹਰ ਦੀ) ਨਜ਼ਰ ਹੋਵੇ ਉਸ ਨੂੰ ਕੋਈ ਮਨੁੱਖ ਮੰਦਾ ਬਚਨ ਨਹੀਂ ਆਖਦਾ ।੨।

ਹੇ ਪ੍ਰਭੂ ਜੀ! ਜੇਹੜੀ ਗੱਲ ਤੈਨੂੰ ਆਪਣੇ ਮਨ ਵਿਚ ਚੰਗੀ ਲੱਗਦੀ ਹੈ ਉਹੀ ਮੇਰੇ ਵਾਸਤੇ ਸੁਖ ਹੈ, ਉਹੀ ਮੇਰੇ ਵਾਸਤੇ ਆਦਰ ਸਤਕਾਰ ਹੈ । ਤੂੰ ਸਭ ਦੇ ਦਿਲ ਦੀ ਜਾਣਨ ਵਾਲਾ ਹੈਂ, ਤੂੰ ਸਦਾ ਸਭ ਜੀਵਾਂ ਤੇ ਦਇਆਵਾਨ ਰਹਿੰਦਾ ਹੈਂ । ਮੈਂ ਤਦੋਂ ਹੀ ਅਨੰਦ ਪ੍ਰਤੀਤ ਕਰ ਸਕਦਾ ਹਾਂ ਜਦੋਂ ਮੈਨੂੰ ਤੇਰਾ ਨਾਮ ਮਿਲਿਆ ਰਹੇ ।੩।

ਹੇ ਪ੍ਰਭੂ! ਤੇਰੇ ਅੱਗੇ ਮੇਰੀ ਅਰਦਾਸ ਹੈ—ਮੇਰੀ ਇਹ ਜਿੰਦ ਮੇਰਾ ਇਹ ਸਰੀਰ ਸਭ ਕੁਝ ਤੇਰਾ ਹੀ ਦਿੱਤਾ ਹੋਇਆ ਹੈ । ਹੇ ਨਾਨਕ! ਆਖ—(ਜੇ ਕੋਈ ਮੇਰਾ ਆਦਰ ਸਤਕਾਰ ਕਰਦਾ ਹੈ ਤਾਂ) ਇਹ ਤੇਰੀ ਹੀ ਬਖ਼ਸ਼ੀ ਹੋਈ ਵਡਿਆਈ ਹੈ । (ਜੇ ਮੈਂ ਤੈਨੂੰ ਭੁਲਾ ਬੈਠਾਂ ਤਾਂ) ਕੋਈ ਜੀਵ ਮੇਰਾ ਨਾਮ ਪਤਾ ਕਰਨ ਦੀ ਭੀ ਪਰਵਾਹ ਨਾਹ ਕਰੇ ।੪।੧੦।੪੯।

ਆਸਾ ਮਹਲਾ ੫ ॥ ਕਰਿ ਕਿਰਪਾ ਪ੍ਰਭ ਅੰਤਰਜਾਮੀ ਸਾਧਸੰਗਿ ਹਰਿ ਪਾਈਐ ॥ ਖੋਲਿ ਕਿਵਾਰ ਦਿਖਾਲੇ ਦਰਸਨੁ ਪੁਨਰਪਿ ਜਨਮਿ ਨ ਆਈਐ ॥੧॥ ਮਿਲਉ ਪਰੀਤਮ ਸੁਆਮੀ ਅਪੁਨੇ ਸਗਲੇ ਦੂਖ ਹਰਉ ਰੇ ॥ ਪਾਰਬ੍ਰਹਮੁ ਜਿਨ੍ਹਿ ਰਿਦੈ ਅਰਾਧਿਆ ਤਾ ਕੈ ਸੰਗਿ ਤਰਉ ਰੇ ॥੧॥ ਰਹਾਉ ॥ ਮਹਾ ਉਦਿਆਨ ਪਾਵਕ ਸਾਗਰ ਭਏ ਹਰਖ ਸੋਗ ਮਹਿ ਬਸਨਾ ॥ ਸਤਿਗੁਰੁ ਭੇਟਿ ਭਇਆ ਮਨੁ ਨਿਰਮਲੁ ਜਪਿ ਅੰਮ੍ਰਿਤੁ ਹਰਿ ਰਸਨਾ ॥੨॥ ਤਨੁ ਧਨੁ ਥਾਪਿ ਕੀਓ ਸਭੁ ਅਪਨਾ ਕੋਮਲ ਬੰਧਨ ਬਾਂਧਿਆ ॥ ਗੁਰ ਪਰਸਾਦਿ ਭਏ ਜਨ ਮੁਕਤੇ ਹਰਿ ਹਰਿ ਨਾਮੁ ਅਰਾਧਿਆ ॥੩॥ ਰਾਖਿ ਲੀਏ ਪ੍ਰਭਿ ਰਾਖਨਹਾਰੈ ਜੋ ਪ੍ਰਭ ਅਪੁਨੇ ਭਾਣੇ ॥ ਜੀਉ ਪਿੰਡੁ ਸਭੁ ਤੁਮ੍ਰਾ ਦਾਤੇ ਨਾਨਕ ਸਦ ਕੁਰਬਾਣੇ ॥੪॥੧੧॥੫੦॥ {ਪੰਨਾ 383}

ਪਦਅਰਥ:- ਪ੍ਰਭ ਅੰਤਰਜਾਮੀ—ਹੇ ਸਭ ਦੇ ਦਿਲ ਦੀ ਜਾਣਨ ਵਾਲੇ ਪ੍ਰਭੂ! ਸਾਧ ਸੰਗਤਿ—ਸਾਧ ਸੰਗਤਿ ਵਿਚ । ਕਿਵਾਰ—ਕਿਵਾੜ, ਭਿੱਤ । ਪੁਨਰਪਿ—{pn: Aip—ਫਿਰ ਭੀ} ਮੁੜ ਮੁੜ । ਜਨਮਿ—ਜਨਮ ਵਿਚ ।੧।

ਮਿਲਉ—ਮੈਂ ਮਿਲਾਂ । ਹਰਉ—ਮੈਂ ਦੂਰ ਕਰਾਂ । ਹੇ—ਹੇ ਭਾਈ! ਜਿਨ੍ਹਿ—ਜਿਸ ਮਨੁੱਖ ਨੇ । ਰਿਦੈ—ਹਿਰਦੇ ਵਿਚ । ਤਾ ਕੈ ਸੰਗਿ—ਉਸ ਦੀ ਸੰਗਤਿ ਵਿਚ ।੧।ਰਹਾਉ।

ਮਹਾ—ਵੱਡਾ । ਉਦਿਆਨ—ਜੰਗਲ । ਪਾਵਕ—ਅੱਗ । ਸਾਗਰ—ਸਮੁੰਦਰ । ਹਰਖ—ਖ਼ੁਸ਼ੀ । ਸੋਗ—ਗ਼ਮੀ । ਭੇਟਿ—ਭੇਟੇ, ਮਿਲਦਾ ਹੈ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ । ਰਸਨਾ—ਜੀਭ (ਨਾਲ) ।੨।

ਥਾਪਿ—ਮਿਥ ਕੇ । ਕੋਮਲ—ਨਰਮ, ਮਿੱਠੇ । ਪਰਸਾਦਿ—ਕਿਰਪਾ ਨਾਲ । ਮੁਕਤੇ—ਸੁਤੰਤਰ, ਆਜ਼ਾਦ ।੩।

ਪ੍ਰਭਿ—ਪ੍ਰਭੂ ਨੇ । ਪ੍ਰਭ ਭਾਣੈ—ਪ੍ਰਭੂ ਨੂੰ ਚੰਗੇ ਲੱਗੇ । ਜੀਉ—ਜਿੰਦ । ਪਿੰਡੁ—ਸਰੀਰ । ਦਾਤੇ—ਹੇ ਦਾਤਾਰ! ਸਦ—ਸਦਾ ।੪।

ਅਰਥ:- ਹੇ ਭਾਈ! (ਜੇ ਮੇਰੇ ਉਤੇ ਪ੍ਰਭੂ ਦੀ ਕਿਰਪਾ ਹੋ ਜਾਏ ਤਾਂ) ਮੈਂ ਆਪਣੇ ਪਿਆਰੇ ਖਸਮ-ਪ੍ਰਭੂ ਨੂੰ ਮਿਲ ਪਵਾਂ ਤੇ ਆਪਣੇ ਸਾਰੇ ਦੁੱਖ ਦੂਰ ਕਰ ਲਵਾਂ । ਹੇ ਭਾਈ! ਜਿਸ ਮਨੁੱਖ ਨੇ ਪਾਰਬ੍ਰਹਮ ਪ੍ਰਭੂ ਨੂੰ ਆਪਣੇ ਹਿਰਦੇ

ਵਿਚ ਸਿਮਰਿਆ ਹੈ, ਮੈਂ ਭੀ ਉਸ ਦੀ ਸੰਗਤਿ ਵਿਚ ਰਹਿ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਵਾਂ ।੧।ਰਹਾਉ।

ਹੇ ਸਭ ਦੇ ਦਿਲ ਦੀ ਜਾਣਨ ਵਾਲੇ ਪ੍ਰਭੂ! ਮੇਹਰ ਕਰ (ਤੇ ਮੈਨੂੰ ਗੁਰੂ ਦੀ ਸੰਗਤਿ ਮਿਲਾ) । (ਹੇ ਭਾਈ!) ਗੁਰੂ ਦੀ ਸੰਗਤਿ ਵਿਚ ਰਿਹਾਂ ਪਰਮਾਤਮਾ ਮਿਲ ਪੈਂਦਾ ਹੈ, ਸਾਡੇ (ਮਾਇਆ ਦੇ ਮੋਹ ਦੇ ਵੱਜੇ ਹੋਏ) ਭਿੱਤ ਖੋਲ੍ਹ ਕੇ ਆਪਣਾ ਦਰਸ਼ਨ ਕਰਾਂਦਾ ਹੈ, ਤੇ ਫਿਰ ਮੁੜ ਜਨਮਾਂ ਦੇ ਗੇੜ ਵਿਚ ਨਹੀਂ ਪਈਦਾ ।੧।

(ਹੇ ਭਾਈ! ਪ੍ਰਭੂ ਤੋਂ ਵਿਛੁੜਿਆਂ ਇਹ ਜਗਤ ਮਨੁੱਖ ਵਾਸਤੇ) ਇਕ ਵੱਡਾ ਜੰਗਲ ਬਣ ਜਾਂਦਾ ਹੈ (ਜਿਸ ਵਿਚ ਮਨੁੱਖ ਭਟਕਦਾ ਫਿਰਦਾ ਹੈ) ਅੱਗ ਦਾ ਸਮੁੰਦਰ ਬਣ ਜਾਂਦਾ ਹੈ (ਜਿਸ ਵਿਚ ਮਨੁੱਖ ਸੜਦਾ ਰਹਿੰਦਾ ਹੈ) ਕਦੇ ਖ਼ੁਸ਼ੀ ਵਿਚ ਵੱਸਦਾ ਹੈ, ਕਦੇ ਗ਼ਮੀ ਵਿਚ ਵੱਸਦਾ ਹੈ । ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਜੀਭ ਨਾਲ ਜਪ ਕੇ ਉਸ ਮਨੁੱਖ ਦਾ ਮਨ ਪਵਿਤ੍ਰ ਹੋ ਜਾਂਦਾ ਹੈ ।੨।

(ਹੇ ਭਾਈ!) ਇਸ ਸਰੀਰ ਨੂੰ ਆਪਣਾ ਮਿਥ ਕੇ, ਇਸ ਧਨ ਨੂੰ ਆਪਣਾ ਮੰਨ ਕੇ ਜੀਵ (ਮਾਇਆ ਦੇ ਮੋਹ ਦੇ) ਮਿੱਠੇ ਮਿੱਠੇ ਬੰਧਨਾਂ ਨਾਲ ਬੱਝੇ ਰਹਿੰਦੇ ਹਨ, ਪਰ ਜੇਹੜੇ ਮਨੁੱਖਾਂ ਨੇ ਪਰਮਾਤਮਾ ਦੇ ਨਾਮ ਦਾ ਆਰਾਧਨ ਕੀਤਾ ਉਹ ਗੁਰੂ ਦੀ ਕਿਰਪਾ ਨਾਲ (ਇਹਨਾਂ ਕੋਮਲ ਬੰਧਨਾਂ ਤੋਂ) ਆਜ਼ਾਦ ਹੋ ਜਾਂਦੇ ਹਨ ।੩।

(ਹੇ ਭਾਈ!) ਜੇਹੜੇ ਮਨੁੱਖ, ਪਿਆਰੇ ਪ੍ਰਭੂ ਨੂੰ ਚੰਗੇ ਲੱਗਣ ਲੱਗ ਪੈਂਦੇ ਹਨ, ਉਹਨਾਂ ਨੂੰ (ਮਾਇਆ ਦੇ ਕੋਮਲ ਬੰਧਨਾਂ ਤੋਂ) ਬਚਾਣ ਦੀ ਤਾਕਤ ਵਾਲੇ ਪ੍ਰਭੂ ਨੇ ਬਚਾ ਲਿਆ ।

ਹੇ ਨਾਨਕ! (ਆਖ—) ਹੇ ਦਾਤਾਰ! ਇਹ ਜਿੰਦ ਤੇ ਇਹ ਸਰੀਰ ਸਭ ਕੁਝ ਤੇਰਾ ਹੀ ਦਿੱਤਾ ਹੋਇਆ ਹੈ (ਮੇਹਰ ਕਰ, ਮੈਂ ਇਹਨਾਂ ਨੂੰ ਆਪਣਾ ਹੀ ਨਾਹ ਮਿਥਦਾ ਰਹਾਂ) । ਹੇ ਦਾਤਾਰ! ਮੈਂ ਤੈਥੋਂ ਕੁਰਬਾਨ ਜਾਂਦਾ ਹਾਂ ।੪।੧੧।੫੦।

ਆਸਾ ਮਹਲਾ ੫ ॥ ਮੋਹ ਮਲਨ ਨੀਦ ਤੇ ਛੁਟਕੀ ਕਉਨੁ ਅਨੁਗ੍ਰਹੁ ਭਇਓ ਰੀ ॥ ਮਹਾ ਮੋਹਨੀ ਤੁਧੁ ਨ ਵਿਆਪੈ ਤੇਰਾ ਆਲਸੁ ਕਹਾ ਗਇਓ ਰੀ ॥੧॥ ਰਹਾਉ ॥ ਕਾਮੁ ਕ੍ਰੋਧੁ ਅਹੰਕਾਰੁ ਗਾਖਰੋ ਸੰਜਮਿ ਕਉਨ ਛੁਟਿਓ ਰੀ ॥ ਸੁਰਿ ਨਰ ਦੇਵ ਅਸੁਰ ਤ੍ਰੈ ਗੁਨੀਆ ਸਗਲੋ ਭਵਨੁ ਲੁਟਿਓ ਰੀ ॥੧॥ ਦਾਵਾ ਅਗਨਿ ਬਹੁਤੁ ਤ੍ਰਿਣ ਜਾਲੇ ਕੋਈ ਹਰਿਆ ਬੂਟੁ ਰਹਿਓ ਰੀ ॥ ਐਸੋ ਸਮਰਥੁ ਵਰਨਿ ਨ ਸਾਕਉ ਤਾ ਕੀ ਉਪਮਾ ਜਾਤ ਨ ਕਹਿਓ ਰੀ ॥੨॥ ਕਾਜਰ ਕੋਠ ਮਹਿ ਭਈ ਨ ਕਾਰੀ ਨਿਰਮਲ ਬਰਨੁ ਬਨਿਓ ਰੀ ॥ ਮਹਾ ਮੰਤ੍ਰੁ ਗੁਰ ਹਿਰਦੈ ਬਸਿਓ ਅਚਰਜ ਨਾਮੁ ਸੁਨਿਓ ਰੀ ॥੩॥ ਕਰਿ ਕਿਰਪਾ ਪ੍ਰਭ ਨਦਰਿ ਅਵਲੋਕਨ ਅਪੁਨੈ ਚਰਣਿ ਲਗਾਈ ॥ ਪ੍ਰੇਮ ਭਗਤਿ ਨਾਨਕ ਸੁਖੁ ਪਾਇਆ ਸਾਧੂ ਸੰਗਿ ਸਮਾਈ ॥੪॥੧੨॥੫੧॥ {ਪੰਨਾ 384}

ਪਦਅਰਥ:- ਮਲਨ—(ਮਨ ਨੂੰ) ਮੈਲਾ ਕਰਨ ਵਾਲੀ । ਤੇ—ਤੋਂ । ਛੁਟਕੀ—ਖ਼ਲਾਸੀ ਪਾਈ । ਅਨੁਗ੍ਰਹੁ—ਕਿਰਪਾ । ਰੀ—ਹੇ ਸਖੀ! ਮੋਹਨੀ—ਮਨ ਨੂੰ ਮੋਹਨ ਵਾਲੀ (ਮਾਇਆ) । ਨ ਵਿਆਪੈ—ਜ਼ੋਰ ਨਹੀਂ ਪਾ ਸਕਦੀ । ਕਹਾ ਗਇਓ—ਕਿਥੇ ਚਲਾ ਗਿਆ? ।੧।

ਗਾਖਰੋ—ਗਾਖੜੋ, ਔਖਾ, ਔਖਿਆਈ ਦੇਣ ਵਾਲਾ । ਸੰਜਮਿ ਕਉਨ—ਕਿਸ ਜੁਗਤਿ ਨਾਲ? ਸੁਰਿ ਨਰ—ਭਲੇ ਮਨੁੱਖ । ਦੇਵ—ਦੇਵਤੇ । ਅਸੁਰ—ਦੈਂਤ । ਤ੍ਰੈ ਗੁਨੀਆ—ਤ੍ਰਿ-ਗੁਣੀ ਜੀਵ । ਭਵਨੁ—ਸੰਸਾਰ ।੧।

ਦਾਵਾ ਅਗਨਿ—ਜੰਗਲ ਦੀ ਅੱਗ । ਤ੍ਰਿਣ—ਘਾਹ, ਬਨਸਪਤੀ । ਬੂਟ—ਬੂਟਾ । ਐਸੋ ਸਮਰਥ—ਅਜੇਹਾ ਬਲੀ ਜੋ ਇਸ ਅੱਗ ਤੋਂ ਬਚ ਰਿਹਾ । ਵਰਨਿ ਨ ਸਾਕਉ—ਮੈਂ ਬਿਆਨ ਨਹੀਂ ਕਰ ਸਕਦੀ । ਉਪਮਾ—ਵਡਿਆਈ ।੨।

ਕਾਜਰ ਕੋਠ—ਕੱਜਲ ਦੀ ਕੋਠੜੀ । ਕਾਰੀ—ਕਾਲੀ । ਬਰਨੁ—ਰੰਗ । ਨਿਰਮਲ—ਸਫ਼ੈਦ । ਮੰਤ੍ਰ ਗੁਰ—ਗੁਰੂ ਦਾ ਮੰਤ੍ਰ ।੩।

ਪ੍ਰਭਿ—ਪ੍ਰਭੂ ਨੇ । ਨਦਰਿ—ਮੇਹਰ ਦੀ ਨਿਗਾਹ (ਨਾਲ) । ਅਵਲੋਕਨ—ਵੇਖਣਾ, (ਕ੍ਰਿਆ) । ਚਰਣਿ—ਚਰਨ ਵਿਚ । ਸਾਧੂ ਸੰਗਿ—ਗੁਰੂ ਦੀ ਸੰਗਤਿ ਵਿਚ । ਸਮਾਈ—ਮੈਂ ਸਮਾ ਗਈ ।੪।

ਅਰਥ:- ਹੇ ਸਹੇਲੀ! ਤੂੰ ਮਨ ਨੂੰ ਮੈਲਾ ਕਰਨ ਵਾਲੀ ਮੋਹ ਦੀ ਨੀਂਦ ਤੋਂ ਬਚ ਗਈ ਹੈਂ, ਤੇਰੇ ਉਤੇ ਕੇਹੜੀ ਕਿਰਪਾ ਹੋਈ ਹੈ? (ਜੀਵਾਂ ਦੇ ਮਨ ਨੂੰ) ਮੋਹ ਲੈਣ ਵਾਲੀ ਬਲੀ ਮਾਇਆ ਭੀ ਤੇਰੇ ਉਤੇ ਜ਼ੋਰ ਨਹੀਂ ਪਾ ਸਕਦੀ, ਤੇਰਾ ਆਲਸ ਭੀ ਸਦਾ ਲਈ ਮੁੱਕ ਗਿਆ ਹੈ ।੧।ਰਹਾਉ।

ਹੇ ਭੈਣ! ਇਹ ਕਾਮ ਕ੍ਰੋਧ, ਇਹ ਅਹੰਕਾਰ (ਜੀਵਾਂ ਨੂੰ ਇਹ ਹਰੇਕ) ਬੜੀ ਔਖਿਆਈ ਦੇਣ ਵਾਲਾ ਹੈ, (ਤੇਰੇ ਅੰਦਰੋਂ) ਕਿਸ ਜੁਗਤਿ ਨਾਲ ਇਹਨਾਂ ਦਾ ਨਾਸ ਹੋਇਆ ਹੈ? ਹੇ ਭੈਣ! ਭਲੇ ਮਨੁੱਖ, ਦੇਵਤੇ, ਦੈਂਤ, ਸਾਰੇ ਤ੍ਰੈ-ਗੁਣੀ ਜੀਵ—ਸਾਰਾ ਜਗਤ ਹੀ ਇਨ੍ਹਾਂ ਨੇ ਲੁੱਟ ਲਿਆ ਹੈ (ਸਾਰੇ ਜਗਤ ਦਾ ਆਤਮਕ ਜੀਵਨ ਦਾ ਸਰਮਾਇਆ ਇਹਨਾਂ ਲੁੱਟ ਲਿਆ ਹੈ) ।੧।

ਹੇ ਸਹੇਲੀ! ਜਦੋਂ ਜੰਗਲ ਨੂੰ ਅੱਗ ਲੱਗਦੀ ਹੈ ਤਾਂ ਬਹੁਤ ਸਾਰਾ ਘਾਹ-ਬੂਟ ਸੜ ਜਾਂਦਾ ਹੈ, ਕੋਈ ਵਿਰਲਾ ਹਰਾ ਰੁੱਖ ਬਚਦਾ ਹੈ (ਜਗਤ-ਜੰਗਲ ਨੂੰ ਤ੍ਰਿਸ਼ਨਾ ਦੀ ਅੱਗ ਸਾੜ ਰਹੀ ਹੈ, ਕੋਈ ਵਿਰਲਾ ਆਤਮਕ ਬਲੀ ਮਨੁੱਖ ਬਚ ਸਕਦਾ ਹੈ, ਜੇਹੜਾ ਇਸ ਤ੍ਰਿਸ਼ਨਾ-ਅੱਗ ਦੀ ਸੜਨ ਤੋਂ ਬਚਿਆ ਹੈ) ਐਸੇ ਬਲੀ ਮਨੁੱਖ ਦੀ ਆਤਮਕ ਅਵਸਥਾ ਮੈਂ ਬਿਆਨ ਨਹੀਂ ਕਰ ਸਕਦੀ, ਮੈਂ ਦੱਸ ਨਹੀਂ ਸਕਦੀ ਕਿ ਉਸ ਵਰਗਾ ਹੋਰ ਕੌਣ ਹੋ ਸਕਦਾ ਹੈ ।੨।

(ਨੋਟ:- ਉਪਰਲੇ ਪ੍ਰਸ਼ਨ ਦਾ ਉੱਤਰ—)

ਹੇ ਭੈਣ! ਮੇਰੇ ਹਿਰਦੇ ਵਿਚ ਸਤਿਗੁਰੂ ਦਾ (ਸ਼ਬਦ-ਰੂਪ) ਬੜਾ ਬਲੀ ਮੰਤਰ ਵੱਸ ਰਿਹਾ ਹੈ, ਮੈਂ ਅਸਚਰਜ (ਤਾਕਤ ਵਾਲੇ) ਪ੍ਰਭੂ ਦਾ ਨਾਮ ਸੁਣਦੀ ਰਹਿੰਦੀ ਹਾਂ, (ਇਸ ਵਾਸਤੇ ਇਸ) ਕੱਜਲ-ਭਰੀ ਕੋਠੜੀ (ਸੰਸਾਰ ਵਿਚ ਰਹਿੰਦਿਆਂ ਭੀ) ਮੈਂ ਵਿਕਾਰਾਂ ਦੀ (ਕਾਲਖ ਨਾਲ) ਕਾਲੀ ਨਹੀਂ ਹੋਈ, ਮੇਰਾ ਸਾਫ਼-ਸੁਥਰਾ ਰੰਗ ਹੀ ਟਿਕਿਆ ਰਿਹਾ ਹੈ ।੩।

ਹੇ ਨਾਨਕ! (ਆਖ—) ਹੇ ਭੈਣ! ਪ੍ਰਭੂ ਨੇ ਕਿਰਪਾ ਕਰ ਕੇ ਆਪਣੀ (ਮੇਹਰ ਦੀ) ਨਿਗਾਹ ਨਾਲ ਮੈਨੂੰ ਤੱਕਿਆ, ਮੈਨੂੰ ਆਪਣੇ ਚਰਨਾਂ ਵਿਚ ਜੋੜੀ ਰੱਖਿਆ, ਮੈਨੂੰ ਉਸ ਦਾ ਪ੍ਰੇਮ ਪ੍ਰਾਪਤ ਹੋਇਆ, ਮੈਨੂੰ ਉਸ ਦੀ ਭਗਤੀ (ਦੀ ਦਾਤਿ) ਮਿਲੀ, ਮੈਂ (ਤ੍ਰਿਸ਼ਨਾ-ਅੱਗ ਵਿਚ ਸੜ ਰਹੇ ਸੰਸਾਰ ਵਿਚ ਭੀ) ਆਤਮਕ ਆਨੰਦ ਮਾਣ ਰਹੀ ਹਾਂ, ਮੈਂ ਸਾਧ ਸੰਗਤਿ ਵਿਚ ਲੀਨ ਰਹਿੰਦੀ ਹਾਂ ।੪।੧੨।੫੧।

ਨੋਟ:- 'ਘਰੁ ੬' ਦੇ ੧੨ ਸ਼ਬਦ ਇਥੇ ਖ਼ਤਮ ਹੁੰਦੇ ਹਨ । ਮ: ੫ ਦੇ ਕੁਲ ਸ਼ਬਦਾਂ ਦਾ ਜੋੜ ੫੧ ਹੈ ।

ੴ ਸਤਿਗੁਰ ਪ੍ਰਸਾਦਿ ॥ ਰਾਗੁ ਆਸਾ ਘਰੁ ੭ ਮਹਲਾ ੫ ॥ ਲਾਲੁ ਚੋਲਨਾ ਤੈ ਤਨਿ ਸੋਹਿਆ ॥ ਸੁਰਿਜਨ ਭਾਨੀ ਤਾਂ ਮਨੁ ਮੋਹਿਆ ॥੧॥ ਕਵਨ ਬਨੀ ਰੀ ਤੇਰੀ ਲਾਲੀ ॥ ਕਵਨ ਰੰਗਿ ਤੂੰ ਭਈ ਗੁਲਾਲੀ ॥੧॥ ਰਹਾਉ ॥ ਤੁਮ ਹੀ ਸੁੰਦਰਿ ਤੁਮਹਿ ਸੁਹਾਗੁ ॥ ਤੁਮ ਘਰਿ ਲਾਲਨੁ ਤੁਮ ਘਰਿ ਭਾਗੁ

॥੨॥ ਤੂੰ ਸਤਵੰਤੀ ਤੂੰ ਪਰਧਾਨਿ ॥ ਤੂੰ ਪ੍ਰੀਤਮ ਭਾਨੀ ਤੁਹੀ ਸੁਰ ਗਿਆਨਿ ॥੩॥ ਪ੍ਰੀਤਮ ਭਾਨੀ ਤਾਂ ਰੰਗਿ ਗੁਲਾਲ ॥ ਕਹੁ ਨਾਨਕ ਸੁਭ ਦ੍ਰਿਸਟਿ ਨਿਹਾਲ ॥੪॥ ਸੁਨਿ ਰੀ ਸਖੀ ਇਹ ਹਮਰੀ ਘਾਲ ॥ ਪ੍ਰਭ ਆਪਿ ਸੀਗਾਰਿ ਸਵਾਰਨਹਾਰ ॥੧॥ ਰਹਾਉ ਦੂਜਾ ॥੧॥੫੨॥ {ਪੰਨਾ 384}

ਨੋਟ:- ਇਥੋਂ ਅਗਾਂਹ 'ਘਰੁ ੭' ਵਿਚ ਗਾਏ ਜਾਣ ਵਾਲੇ ਸ਼ਬਦਾਂ ਦਾ ਸੰਗ੍ਰਹ ਸ਼ੁਰੂ ਹੁੰਦਾ ਹੈ ।

ਪਦਅਰਥ:- ਤੈ ਤਨਿ—ਤੇਰੇ ਸਰੀਰ ਉਤੇ । ਸੋਹਿਆ—ਸੋਭ ਰਿਹਾ ਹੈ, ਸੋਹਣਾ ਲੱਗ ਰਿਹਾ ਹੈ । ਸੁਰਿਜਨ ਭਾਨੀ—ਸੱਜਣ ਹਰੀ ਨੂੰ ਪਿਆਰੀ ਲੱਗੀ । ਤਾਂ—ਤਾਂਹੀਏਂ । ਮੋਹਿਆ—ਮੋਹ ਲਿਆ ਹੈ ।੧।

ਕਵਨ—ਕਿਵੇਂ? ਰੀ—ਹੇ ਸਹੇਲੀ! ਲਾਲੀ—ਮੂੰਹ ਦੀ ਲਾਲੀ । ਰੰਗਿ—ਰੰਗ ਨਾਲ । ਗੁਲਾਲੀ—ਗੂੜ੍ਹੇ ਰੰਗ ਵਾਲੀ ।੧।ਰਹਾਉ।

ਸੁੰਦਰਿ—{ਇਸਤ੍ਰੀ ਲਿੰਗ} ਸੋਹਣੀ । ਤੁਮਹਿ ਸੁਹਾਗੁ—ਤੇਰਾ ਹੀ ਸੁਹਾਗ । ਤੁਮ ਘਰਿ—ਤੇਰੇ ਹਿਰਦੇ-ਘਰ ਵਿਚ । ਲਾਲਨੁ—ਪ੍ਰੀਤਮ-ਪ੍ਰਭੂ ।੨।

ਸਤਸੰਗੀ—ਉੱਚੇ ਆਚਰਨ ਵਾਲੀ । ਪਰਧਾਨਿ—ਮੰਨੀ-ਪ੍ਰਮੰਨੀ । ਪ੍ਰੀਤਮ ਭਾਨੀ—ਪ੍ਰੀਤਮ-ਪ੍ਰਭੂ ਨੂੰ ਪਿਆਰੀ ਲੱਗੀ । ਸੁਰ ਗਿਆਨਿ—ਸ੍ਰੇਸ਼ਟ ਗਿਆਨ ਵਾਲੀ ।੩।

ਰੰਗਿ ਗੁਲਾਲ—ਗੂੜ੍ਹੇ ਰੰਗ ਵਿਚ । ਨਿਹਾਲ—ਵੇਖਿਆ, ਤੱਕਿਆ ।੪।

ਘਾਲ—ਮੇਹਨਤ । ਪ੍ਰਭ ਆਪਿ—ਪ੍ਰਭੂ ਨੇ ਆਪ ਹੀ । ਸੀਗਾਰਿ—ਸਿੰਗਾਰ ਕੇ, ਸਜਾ ਕੇ । ਰਹਾਉ ਦੂਜਾ ।

ਨੋਟ:- 'ਰਹਾਉ ਦੂਜਾ' ਵਿਚ ਪਹਿਲੇ 'ਰਹਾਉ' ਵਿਚ ਕੀਤੇ ਪ੍ਰਸ਼ਨ ਦਾ ਉੱਤਰ ਹੈ ।

ਅਰਥ:- ਹੇ ਭੈਣ! (ਦੱਸ,) ਤੇਰੇ ਚੇਹਰੇ ਉਤੇ ਲਾਲੀ ਕਿਵੇਂ ਆ ਬਣੀ ਹੈ? ਕਿਸ ਰੰਗ ਦੀ ਬਰਕਤਿ ਨਾਲ ਤੂੰ ਸੋਹਣੇ ਗੂੜ੍ਹੇ ਰੰਗ ਵਾਲੀ ਬਣ ਗਈ ਹੈਂ? ।੧।ਰਹਾਉ।

(ਹੇ ਭੈਣ!) ਤੇਰੇ ਸਰੀਰ ਉਤੇ ਲਾਲ ਰੰਗ ਦਾ ਚੋਲਾ ਸੋਹਣਾ ਲੱਗ ਰਿਹਾ ਹੈ (ਤੇਰੇ ਮੂੰਹ ਦੀ ਲਾਲੀ ਸੋਹਣੀ ਡਲ੍ਹਕ ਮਾਰ ਰਹੀ ਹੈ । ਸ਼ਾਇਦ) ਤੂੰ ਸੱਜਣ-ਹਰੀ ਨੂੰ ਪਿਆਰੀ ਲੱਗ ਰਹੀ ਹੈਂ, ਤਾਹੀਏਂ ਤੂੰ ਮੇਰਾ ਮਨ (ਭੀ) ਮੋਹ ਲਿਆ ਹੈ ।੧।

ਹੇ ਭੈਣ! ਤੂੰ ਬੜੀ ਸੋਹਣੀ ਦਿੱਸ ਰਹੀ ਹੈਂ, ਤੇਰਾ ਸੁਹਾਗ-ਭਾਗ ਉੱਘੜ ਆਇਆ ਹੈ (ਇਉਂ ਜਾਪਦਾ ਹੈ ਕਿ) ਤੇਰੇ ਹਿਰਦੇ-ਘਰ ਵਿਚ ਪ੍ਰੀਤਮ-ਪ੍ਰਭੂ ਆ ਵੱਸਿਆ ਹੈ; ਤੇਰੇ ਹਿਰਦੇ-ਘਰ ਵਿਚ ਕਿਸਮਤ ਜਾਗ ਪਈ ਹੈ ।੨।

ਹੇ ਭੈਣ! ਤੂੰ ਸੁੱਚੇ ਆਚਰਨ ਵਾਲੀ ਹੋ ਗਈ ਹੈਂ ਤੂੰ ਹੁਣ ਸਭ ਥਾਂ ਆਦਰ-ਮਾਣ ਪਾ ਰਹੀ ਹੈਂ । (ਜੇ) ਤੂੰ ਪ੍ਰੀਤਮ-ਪ੍ਰਭੂ ਨੂੰ ਚੰਗੀ ਲੱਗ ਰਹੀ ਹੈਂ (ਤਾਂ) ਤੂੰ ਸ੍ਰੇਸ਼ਟ ਗਿਆਨ ਵਾਲੀ ਬਣ ਗਈ ਹੈਂ ।੩।

ਹੇ ਨਾਨਕ! ਆਖ—(ਹੇ ਭੈਣ! ਮੈਂ) ਪ੍ਰੀਤਮ-ਪ੍ਰਭੂ ਨੂੰ ਚੰਗੀ ਲੱਗ ਗਈ ਹਾਂ, ਤਾਹੀਏਂ, ਮੈਂ ਗੂੜ੍ਹੇ ਪ੍ਰੇਮ-ਰੰਗ ਵਿਚ ਰੰਗੀ ਗਈ ਹਾਂ, ਉਹ ਪ੍ਰੀਤਮ-ਪ੍ਰਭੂ ਮੈਨੂੰ ਚੰਗੀ (ਪਿਆਰ-ਭਰੀ) ਨਿਗਾਹ ਨਾਲ ਤੱਕਦਾ ਹੈ ।੪।

(ਪਰ) ਹੇ ਸਹੇਲੀ! ਤੂੰ ਪੁੱਛਦੀ ਹੈਂ (ਮੈਂ ਕੇਹੜੀ ਮੇਹਨਤ ਕੀਤੀ, ਬੱਸ!) ਇਹੀ ਹੈ ਮੇਹਨਤ ਜੋ ਮੈਂ ਕੀਤੀ ਕਿ ਉਸ ਸੁੰਦਰਤਾ ਦੀ ਦਾਤਿ ਦੇਣ ਵਾਲੇ ਪ੍ਰਭੂ ਨੇ ਆਪ ਹੀ ਮੈਨੂੰ (ਆਪਣੇ ਪਿਆਰ ਦੀ ਦਾਤਿ ਦੇ ਕੇ) ਸੋਹਣੀ ਬਣਾ ਲਿਆ ਹੈ ।੧।ਰਹਾਉ ਦੂਜਾ।੧।੫੨।

ਨੋਟ:- ਅਖ਼ੀਰਲਾ ਅੰਕ ੧ ਦੱਸਦਾ ਹੈ ਕਿ 'ਘਰੁ' ੮ ਦਾ ਇਹ ਪਹਿਲਾ ਸ਼ਬਦ ਹੈ । ਹੁਣ ਤਕ ਮ: ੫ ਦੇ ਕੁੱਲ ੫੨ ਸ਼ਬਦ ਆ ਚੁਕੇ ਹਨ ।

ਆਸਾ ਮਹਲਾ ੫ ॥ ਦੂਖੁ ਘਨੋ ਜਬ ਹੋਤੇ ਦੂਰਿ ॥ ਅਬ ਮਸਲਤਿ ਮੋਹਿ ਮਿਲੀ ਹਦੂਰਿ ॥੧॥ ਚੁਕਾ ਨਿਹੋਰਾ ਸਖੀ ਸਹੇਰੀ ॥ ਭਰਮੁ ਗਇਆ ਗੁਰਿ ਪਿਰ ਸੰਗਿ ਮੇਰੀ ॥੧॥ ਰਹਾਉ ॥ ਨਿਕਟਿ ਆਨਿ ਪ੍ਰਿਅ ਸੇਜ ਧਰੀ ॥ ਕਾਣਿ ਕਢਨ ਤੇ ਛੂਟਿ ਪਰੀ ॥੨॥ ਮੰਦਰਿ ਮੇਰੈ ਸਬਦਿ ਉਜਾਰਾ ॥ ਅਨਦ ਬਿਨੋਦੀ ਖਸਮੁ ਹਮਾਰਾ ॥੩॥ ਮਸਤਕਿ ਭਾਗੁ ਮੈ ਪਿਰੁ ਘਰਿ ਆਇਆ ॥ ਥਿਰੁ ਸੋਹਾਗੁ ਨਾਨਕ ਜਨ ਪਾਇਆ ॥੪॥੨॥੫੩॥ {ਪੰਨਾ 384}

ਪਦਅਰਥ:- ਘਨੋ—ਬਹੁਤ । ਦੂਰਿ—(ਪਰਮਾਤਮਾ ਦੀ ਹਜ਼ੂਰੀ ਤੋਂ) ਦੂਰ । ਮਸਲਤਿ—ਸਲਾਹ, ਸਿਖਿਆ, ਗੁਰੂ ਦੀ ਸਿਖਿਆ । ਮੋਹਿ—ਮੈਨੂੰ । ਹਦੂਰਿ—ਹਜ਼ੂਰੀ, ਪਰਮਾਤਮਾ ਦੀ ਹਜ਼ੂਰੀ ।੧।

ਚੁਕਾ—ਮੁੱਕ ਗਿਆ ਹੈ । ਨਿਹੋਰਾ—ਉਲਾਹਮਾ, ਗਿਲਾ-ਗੁਜ਼ਾਰੀ । ਸਖੀ ਸਹੇਰੀ—ਹੇ ਸਖੀ! ਹੇ ਸਹੇਲੀ! ਗੁਰਿ—ਗੁਰੂ ਨੇ । ਮੇਰੀ—ਮੇਲੀ, ਮਿਲਾ ਦਿੱਤੀ ।੧।ਰਹਾਉ।

ਨਿਕਟਿ—ਨੇੜੇ । ਆਨਿ—ਲਿਆ ਕੇ । ਪ੍ਰਿਅ ਸੇਜ—ਪਿਆਰੇ ਦੀ ਸੇਜ ਉਤੇ । ਧਰੀ—ਬਿਠਾ ਦਿੱਤੀ । ਕਾਣਿ—ਮੁਥਾਜੀ । ਤੇ—ਤੋਂ । ਛੂਟਿ ਪਰੀ—ਬਚ ਗਈ ਹਾਂ ।੨।

ਮੰਦਰਿ—ਹਿਰਦੇ-ਮੰਦਰ ਵਿਚ । ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਉਜਾਰਾ—ਆਤਮਕ ਜੀਵਨ ਦਾ ਚਾਨਣ । ਅਨਦ ਬਿਨੋਦੀ—ਸਾਰੇ ਆਨੰਦਾਂ ਦਾ ਚੋਜ-ਤਮਾਸ਼ਿਆਂ ਦਾ ਮਾਲਕ ।੩।

ਮਸਤਕਿ—ਮੱਥੇ ਉਤੇ । ਘਰਿ—ਹਿਰਦੇ-ਘਰ ਵਿਚ । ਥਿਰੁ—ਸਦਾ ਕਾਇਮ ਰਹਿਣ ਵਾਲਾ ।੪।

ਅਰਥ:- ਹੇ ਸਖੀ! ਹੇ ਸਹੇਲੀ! ਮੈਨੂੰ ਗੁਰੂ ਨੇ ਪਤੀ-ਪ੍ਰਭੂ ਦੇ ਨਾਲ ਮਿਲਾ ਦਿੱਤਾ ਹੈ, ਹੁਣ ਮੇਰੀ ਭਟਕਣਾ ਦੂਰ ਹੋ ਗਈ ਹੈ (ਪ੍ਰਭੂ-ਚਰਨਾਂ ਤੋਂ ਪਹਿਲੇ ਵਿਛੋੜੇ ਦੇ ਕਾਰਨ ਪੈਦਾ ਹੋਏ ਦੁੱਖਾਂ ਕਲੇਸ਼ਾਂ ਦਾ) ਉਲਾਹਮਾ ਦੇਣਾ ਮੁੱਕ ਗਿਆ ਹੈ ।੧।ਰਹਾਉ।

ਹੇ ਸਖੀ! ਹੇ ਸਹੇਲੀ! ਜਦੋਂ ਮੈਂ ਪ੍ਰਭੂ-ਚਰਨਾਂ ਤੋਂ ਦੂਰ ਰਹਿੰਦੀ ਸਾਂ ਮੈਨੂੰ ਬਹੁਤ ਦੁੱਖ (ਵਾਪਰਦਾ ਰਹਿੰਦਾ ਸੀ) ਹੁਣ (ਗੁਰੂ ਦੀ) ਸਿੱਖਿਆ ਦੀ ਬਰਕਤਿ ਨਾਲ ਮੈਨੂੰ (ਪ੍ਰਭੂ ਦੀ) ਹਜ਼ੂਰੀ ਪ੍ਰਾਪਤ ਹੋ ਗਈ ਹੈ (ਮੈਂ ਪ੍ਰਭੂ-ਚਰਨਾਂ ਵਿਚ ਟਿਕੀ ਰਹਿੰਦੀ ਹਾਂ, ਇਸ ਵਾਸਤੇ ਕੋਈ ਦੁੱਖ-ਕਲੇਸ਼ ਮੈਨੂੰ ਪੋਹ ਨਹੀਂ ਸਕਦਾ) ।੧।

ਹੇ ਸਖੀ! (ਗੁਰੂ ਨੇ) ਮੈਨੂੰ ਪ੍ਰਭੂ-ਚਰਨਾਂ ਦੇ ਨੇੜੇ ਲਿਆ ਕੇ ਪਿਆਰੇ ਪ੍ਰਭੂ-ਪਤੀ ਦੀ ਸੇਜ ਉਤੇ ਬਿਠਾਲ ਦਿੱਤਾ ਹੈ (ਪ੍ਰਭੂ-ਚਰਨਾਂ ਵਿਚ ਜੋੜ ਦਿੱਤਾ ਹੈ) । ਹੁਣ (ਧਿਰ ਧਿਰ ਦੀ) ਮੁਥਾਜੀ ਕਰਨ ਤੋਂ ਮੈਂ ਬਚ ਗਈ ਹਾਂ ।੨।

(ਹੇ ਸਖੀ! ਹੇ ਸਹੇਲੀ!) ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਮੇਰੇ ਹਿਰਦੇ-ਮੰਦਰ ਵਿਚ (ਸਹੀ ਆਤਮਕ ਜੀਵਨ ਦਾ) ਚਾਨਣ ਹੋ ਗਿਆ ਹੈ, ਸਾਰੇ ਆਨੰਦਾਂ ਤੇ ਚੋਜ-ਤਮਾਸ਼ਿਆਂ ਦਾ ਮਾਲਕ ਮੇਰਾ ਖਸਮ-ਪ੍ਰਭੂ (ਮੈਨੂੰ ਮਿਲ ਗਿਆ ਹੈ) ।੩।

ਹੇ ਦਾਸ ਨਾਨਕ! (ਆਖ—ਹੇ ਸਖੀ!) ਮੇਰੇ ਮੱਥੇ ਉਤੇ (ਦਾ) ਭਾਗ ਜਾਗ ਪਿਆ ਹੈ (ਕਿਉਂਕਿ) ਮੇਰਾ ਪਤੀ-ਪ੍ਰਭੂ ਮੇਰੇ (ਹਿਰਦੇ-) ਘਰ ਵਿਚ ਆ ਗਿਆ ਹੈ, ਮੈਂ ਹੁਣ ਉਹ ਸੁਹਾਗ ਲੱਭ ਲਿਆ ਹੈ ।੪।੨।੫੩।

ਆਸਾ ਮਹਲਾ ੫ ॥ ਸਾਚਿ ਨਾਮਿ ਮੇਰਾ ਮਨੁ ਲਾਗਾ ॥ ਲੋਗਨ ਸਿਉ ਮੇਰਾ ਠਾਠਾ ਬਾਗਾ ॥੧॥ ਬਾਹਰਿ ਸੂਤੁ ਸਗਲ ਸਿਉ ਮਉਲਾ ॥ ਅਲਿਪਤੁ ਰਹਉ ਜੈਸੇ ਜਲ ਮਹਿ ਕਉਲਾ ॥੧॥ ਰਹਾਉ ॥ ਮੁਖ ਕੀ ਬਾਤ ਸਗਲ ਸਿਉ ਕਰਤਾ ॥ ਜੀਅ ਸੰਗਿ ਪ੍ਰਭੁ ਅਪੁਨਾ ਧਰਤਾ ॥੨॥ ਦੀਸਿ ਆਵਤ ਹੈ ਬਹੁਤੁ ਭੀਹਾਲਾ ॥ ਸਗਲ ਚਰਨ ਕੀ ਇਹੁ ਮਨੁ ਰਾਲਾ ॥੩॥ ਨਾਨਕ ਜਨਿ ਗੁਰੁ ਪੂਰਾ ਪਾਇਆ ॥ ਅੰਤਰਿ ਬਾਹਰਿ ਏਕੁ ਦਿਖਾਇਆ ॥੪॥੩॥੫੪॥ {ਪੰਨਾ 384}

ਪਦਅਰਥ:- ਸਾਚਿ—ਸਦਾ-ਥਿਰ ਰਹਿਣ ਵਾਲੇ ਵਿਚ । ਨਾਮਿ—ਨਾਮ ਵਿਚ । ਸਿਉ—ਨਾਲ । ਠਾਠਾ ਬਾਗਾ—ਠੱਠ, ਵੱਗ, ਠਾਹ-ਠੀਆ, ਕੰਮ ਸਾਰਨ ਜੋਗਾ ਉੱਦਮ, ਉਤਨਾ ਕੁ ਵਰਤਣ-ਵਿਹਾਰ ਜਿਤਨੇ ਦੀ ਅੱਤ ਜ਼ਰੂਰੀ ਲੋੜ ਪਵੇ ।੧।

ਬਾਹਰਿ—ਦੁਨੀਆ ਵਿਚ, ਦੁਨੀਆ ਨਾਲ ਵਰਤਣ ਸਮੇਂ । ਸੂਤੁ ਮਉਲਾ—ਸੂਤ ਮਿਲਿਆ ਹੋਇਆ ਹੈ, ਪਿਆਰ ਬਣਿਆ ਹੋਇਆ ਹੈ, ਪਿਆਰ ਵਾਲਾ ਸੰਬੰਧ ਹੈ । ਅਲਿਪਤੁ—ਨਿਰਲੇਪ । ਰਹਉ—ਮੈਂ ਰਹਿੰਦਾ ਹਾਂ । ਕਉਲਾ—ਕੌਲ-ਫੁੱਲ ।੧।ਰਹਾਉ।

ਮੁਖ ਕੀ ਬਾਤ—ਮੂੰਹੋਂ ਗੱਲਾਂ । ਜੀਅ ਸੰਗਿ—ਹਿਰਦੇ ਵਿਚ, ਜਿੰਦ ਵਿਚ ।੨।

ਭੀਹਾਲਾ—ਡਰਾਉਣਾ, ਰੁੱਖਾ, ਬੇ-ਮੇਹਰਾ, ਕੋਰਾ । ਰਾਲਾ—ਚਰਨ-ਧੂੜ, ਖ਼ਾਕ ।੩।

ਜਨਿ—ਜਨ ਨੇ, ਦਾਸ ਨੇ । ਅੰਤਰਿ—ਅੰਦਰ-ਵੱਸਦਾ । ਬਾਹਰਿ—ਸਾਰੇ ਜਗਤ ਵਿਚ ਵੱਸਦਾ ।

ਅਰਥ:- (ਹੇ ਭਾਈ!) ਦੁਨੀਆ ਨਾਲ ਵਰਤਣ-ਵਿਹਾਰ ਸਮੇ ਮੈਂ ਸਭਨਾਂ ਨਾਲ ਪਿਆਰ ਵਾਲਾ ਸੰਬੰਧ ਰੱਖਦਾ ਹਾਂ, (ਪਰ ਦੁਨੀਆ ਨਾਲ ਵਰਤਦਾ ਹੋਇਆ ਭੀ ਦੁਨੀਆ ਨਾਲ ਇਉਂ) ਨਿਰਲੇਪ ਰਹਿੰਦਾ ਹਾਂ ਜਿਵੇਂ ਪਾਣੀ ਵਿਚ (ਟਿਕਿਆ ਹੋਇਆ ਭੀ) ਕੌਲ-ਫੁੱਲ (ਪਾਣੀ ਤੋਂ ਨਿਰਲੇਪ ਰਹਿੰਦਾ ਹੈ) ।੧।ਰਹਾਉ।

(ਹੇ ਭਾਈ!) ਮੇਰਾ ਮਨ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ (ਸਦਾ) ਜੁੜਿਆ ਰਹਿੰਦਾ ਹੈ, ਦੁਨੀਆ ਦੇ ਲੋਕਾਂ ਨਾਲ ਮੇਰਾ ਉਤਨਾ ਕੁ ਹੀ ਵਰਤਣ-ਵਿਹਾਰ ਹੈ ਜਿਤਨੇ ਦੀ ਅੱਤ ਜ਼ਰੂਰੀ ਲੋੜ ਪੈਂਦੀ ਹੈ ।੧।

(ਹੇ ਭਾਈ!) ਮੈਂ ਸਭ ਲੋਕਾਂ ਨਾਲ (ਲੋੜ ਅਨੁਸਾਰ) ਮੂੰਹੋਂ ਤਾਂ ਗੱਲਾਂ ਕਰਦਾ ਹਾਂ (ਪਰ ਕਿਤੇ ਮੋਹ ਵਿਚ ਆਪਣੇ ਮਨ ਨੂੰ ਫਸਣ ਨਹੀਂ ਦੇਂਦਾ) ਆਪਣੇ ਹਿਰਦੇ ਵਿਚ ਮੈਂ ਸਿਰਫ਼ ਆਪਣੇ ਪਰਮਾਤਮਾ ਨੂੰ ਹੀ ਟਿਕਾਈ ਰੱਖਦਾ ਹਾਂ ।੨।

(ਹੇ ਭਾਈ! ਮੇਰੇ ਇਸ ਤਰ੍ਹਾਂ ਦੇ ਆਤਮਕ ਜੀਵਨ ਦੇ ਅੱਭਿਆਸ ਦੇ ਕਾਰਨ ਲੋਕਾਂ ਨੂੰ ਮੇਰਾ ਮਨ) ਬੜਾ ਰੁੱਖਾ ਕੋਰਾ ਦਿੱਸਦਾ ਹੈ; ਪਰ (ਅਸਲ ਵਿਚ ਮੇਰਾ) ਇਹ ਮਨ ਸਭਨਾਂ ਦੇ ਚਰਨਾਂ ਦੀ ਧੂੜ ਬਣਿਆ ਰਹਿੰਦਾ ਹੈ ।੩।

ਹੇ ਨਾਨਕ! ਜਿਸ (ਭੀ) ਮਨੁੱਖ ਨੇ ਪੂਰਾ ਗੁਰੂ ਲੱਭ ਲਿਆ ਹੈ (ਗੁਰੂ ਨੇ ਉਸ ਨੂੰ) ਉਸ ਦੇ ਅੰਦਰ ਤੇ ਬਾਹਰ ਸਾਰੇ ਜਗਤ ਵਿਚ ਇੱਕ ਪਰਮਾਤਮਾ ਹੀ ਵੱਸਦਾ ਵਿਖਾ ਦਿੱਤਾ ਹੈ (ਇਸ ਵਾਸਤੇ ਉਹ ਦੁਨੀਆ ਨਾਲ ਪਿਆਰ ਵਾਲਾ ਸਲੂਕ ਭੀ ਰੱਖਦਾ ਹੈ ਤੇ ਨਿਰਮੋਹ ਰਹਿ ਕੇ ਸੁਰਤਿ ਅੰਦਰ-ਵੱਸਦੇ ਪ੍ਰਭੂ ਵਿਚ ਹੀ ਜੋੜੀ ਰੱਖਦਾ ਹੈ) ।੪।੩।੫੪।

ਆਸਾ ਮਹਲਾ ੫ ॥ ਪਾਵਤੁ ਰਲੀਆ ਜੋਬਨਿ ਬਲੀਆ ॥ ਨਾਮ ਬਿਨਾ ਮਾਟੀ ਸੰਗਿ ਰਲੀਆ ॥੧॥ ਕਾਨ ਕੁੰਡਲੀਆ ਬਸਤ੍ਰ ਓਢਲੀਆ ॥ ਸੇਜ ਸੁਖਲੀਆ ਮਨਿ ਗਰਬਲੀਆ ॥੧॥ ਰਹਾਉ ॥ ਤਲੈ ਕੁੰਚਰੀਆ ਸਿਰਿ ਕਨਿਕ ਛਤਰੀਆ ॥ ਹਰਿ ਭਗਤਿ ਬਿਨਾ ਲੇ ਧਰਨਿ ਗਡਲੀਆ ॥੨॥ ਰੂਪ ਸੁੰਦਰੀਆ ਅਨਿਕ ਇਸਤਰੀਆ ॥ ਹਰਿ ਰਸ ਬਿਨੁ ਸਭਿ ਸੁਆਦ ਫਿਕਰੀਆ ॥੩॥ ਮਾਇਆ ਛਲੀਆ ਬਿਕਾਰ ਬਿਖਲੀਆ ॥ ਸਰਣਿ ਨਾਨਕ ਪ੍ਰਭ ਪੁਰਖ ਦਇਅਲੀਆ ॥੪॥੪॥੫੫॥ {ਪੰਨਾ 385}

ਪਦਅਰਥ:- ਪਾਵਤੁ—ਪਾਂਦਾ ਹੈ, ਮਾਣਦਾ ਹੈ । ਰਲੀਆ—ਮੌਜਾਂ । ਜੋਬਨਿ—ਜੁਆਨੀ ਵਿਚ, ਜੁਆਨੀ ਦੇ ਸਮੇਂ ਵਿਚ । ਬਲੀਆ—ਬਲਵਾਨ, ਤਾਕਤ ਵਾਲਾ । ਮਾਟੀ ਸੰਗਿ—ਮਿੱਟੀ ਨਾਲ । ਰਲੀਆ—ਰਲ ਜਾਂਦਾ ਹੈ, ਮਿਲ ਜਾਂਦਾ ਹੈ ।੧।

ਕਾਨ—ਕੰਨਾਂ ਵਿਚ । ਕੁੰਡਲੀਆ—(ਸੋਨੇ ਦੇ) ਕੁੰਡਲ । ਓਡਲੀਆ—ਪਹਿਨਦਾ । ਸੇਜ ਸੁਖਲੀਆ—ਸੁਖਾਲੀ ਸੇਜ, ਨਰਮ ਨਰਮ ਬਿਸਤ੍ਰੇ । ਮਨਿ—ਮਨ ਵਿਚ । ਗਰਬਲੀਆ—ਗਰਬ ਕਰਦਾ ਹੈ, ਅਹੰਕਾਰ ਕਰਦਾ ਹੈ ।੧।ਰਹਾਉ।

ਤਲੈ—ਹੇਠ । ਕੁੰਚਰੀਆ—ਹਾਥੀ । ਸਿਰਿ—ਸਿਰ ਉੱਤੇ । ਕਨਿਕ ਛਤਰੀਆ—ਸੋਨੇ ਦਾ ਛਤਰ । ਧਰਨਿ—ਧਰਤੀ । ਗਡਲੀਆ—ਦੱਬ ਦਿੱਤਾ ।੨।

ਸਭਿ—ਸਾਰੇ । ਫਿਕਰੀਆ—ਫਿੱਕੇ ।੩।

ਛਲੀਆ—ਛਲਣ ਵਾਲੀ, ਠੱਗਣ ਵਾਲੀ । ਬਿਖਲੀਆ—ਵਿਹੁਲੇ, ਜ਼ਹਰੀਲੇ । ਨਾਨਕ—ਹੇ ਨਾਨਕ! ਪ੍ਰਭ—ਹੇ ਪ੍ਰਭੂ! ਪੁਰਖ ਦਇਆਲੀਆ—ਹੇ ਦਇਆਲ ਪੁਰਖ! ।੪।

ਅਰਥ:- (ਹੇ ਭਾਈ! ਮਨੁੱਖ) ਕੰਨਾਂ ਵਿਚ (ਸੋਨੇ ਦੇ) ਕੁੰਡਲ ਪਾ ਕੇ (ਸੋਹਣੇ ਸੋਹਣੇ) ਕੱਪੜੇ ਪਹਿਨਦਾ ਹੈ, ਨਰਮ ਨਰਮ ਬਿਸਤ੍ਰਿਆਂ ਉਤੇ (ਸੌਂਦਾ ਹੈ), (ਤੇ ਇਹਨਾਂ ਮਿਲੇ ਹੋਏ ਸੁਖਾਂ ਦਾ ਆਪਣੇ) ਮਨ ਵਿਚ ਮਾਣ ਕਰਦਾ ਹੈ (ਪਰ ਇਹ ਨਹੀਂ ਸਮਝਦਾ ਕਿ ਇਹ ਸਰੀਰ ਆਖ਼ਿਰ ਮਿੱਟੀ ਹੋ ਜਾਣਾ ਹੈ, ਇਹ ਪਦਾਰਥ ਇਥੇ ਹੀ ਰਹਿ ਜਾਣੇ ਹਨ । ਸਦਾ ਦਾ ਸਾਥ ਨਿਬਾਹੁਣ ਵਾਲਾ ਸਿਰਫ਼ ਪਰਮਾਤਮਾ ਦਾ ਨਾਮ ਹੀ ਹੈ) ।੧।ਰਹਾਉ।

(ਹੇ ਭਾਈ! ਜਿਤਨਾ ਚਿਰ) ਜੁਆਨੀ ਵਿਚ (ਸਰੀਰਕ) ਤਾਕਤ ਮਿਲੀ ਹੋਈ ਹੈ (ਮਨੁੱਖ ਬੇਪ੍ਰਵਾਹ ਹੋ ਕੇ) ਮੌਜਾਂ ਮਾਣਦਾ ਰਹਿੰਦਾ ਹੈ, ਸਰੀਰ ਆਖ਼ਿਰ ਮਿੱਟੀ ਨਾਲ ਮਿਲ ਜਾਂਦਾ ਹੈ, (ਤੇ ਜੀਵਾਤਮਾ) ਪਰਮਾਤਮਾ ਦੇ ਨਾਮ ਤੋਂ ਬਿਨਾ (ਖ਼ਾਲੀ ਹੱਥ) ਹੀ ਰਹਿ ਜਾਂਦਾ ਹੈ ।੧।

(ਹੇ ਭਾਈ! ਮਨੁੱਖ ਨੂੰ ਜੇ ਸਵਾਰੀ ਕਰਨ ਵਾਸਤੇ ਆਪਣੇ) ਹੇਠ ਹਾਥੀ (ਭੀ ਮਿਲਿਆ ਹੋਇਆ ਹੈ, ਤੇ ਉਸ ਦੇ) ਸਿਰ ਉਤੇ ਸੋਨੇ ਦਾ ਛਤਰ ਝੁੱਲ ਰਿਹਾ ਹੈ, (ਤਾਂ ਭੀ ਸਰੀਰ ਆਖ਼ਿਰ) ਧਰਤੀ ਵਿਚ ਹੀ ਮਿਲਾਇਆ ਜਾਂਦਾ ਹੈ (ਇਹਨਾਂ ਪਦਾਰਥਾਂ ਦੇ ਮਾਣ ਵਿਚ ਮਨੁੱਖ) ਪਰਮਾਤਮਾ ਦੀ ਭਗਤੀ ਤੋਂ ਵਾਂਜਿਆ ਹੀ ਰਹਿ ਜਾਂਦਾ ਹੈ ।੨।

(ਹੇ ਭਾਈ! ਜੇ) ਸੋਹਣੇ ਰੂਪ ਵਾਲੀਆਂ ਅਨੇਕਾਂ ਇਸਤ੍ਰੀਆਂ (ਭੀ ਮਿਲੀਆਂ ਹੋਈਆਂ ਹਨ ਤਾਂ ਭੀ ਕੀਹ ਹੋਇਆ?) ਪਰਮਾਤਮਾ ਦੇ ਨਾਮ ਦੇ ਸੁਆਦ ਦੇ ਟਾਕਰੇ ਤੇ (ਦੁਨੀਆ ਵਾਲੇ ਇਹ) ਸਾਰੇ ਸੁਆਦ ਫਿੱਕੇ ਹਨ ।੩।

(ਹੇ ਭਾਈ! ਚੇਤਾ ਰੱਖੋ ਕਿ) ਮਾਇਆ ਠੱਗਣ ਵਾਲੀ ਹੀ ਹੈ (ਆਤਮਕ ਜੀਵਨ ਦਾ ਸਰਮਾਇਆ ਲੁੱਟ ਲੈਂਦੀ ਹੈ), (ਦੁਨੀਆ ਦੇ ਵਿਸ਼ੇ-) ਵਿਕਾਰ ਜ਼ਹਰ-ਭਰੇ ਹਨ (ਆਤਮਕ ਮੌਤ ਦਾ ਕਾਰਨ ਬਣਦੇ ਹਨ) ।

ਹੇ ਨਾਨਕ! (ਆਖ—) ਹੇ ਪ੍ਰਭੂ! ਹੇ ਦਇਆਲ ਪੁਰਖ! ਮੈਂ ਤੇਰੀ ਸਰਨ ਆਇਆ ਹਾਂ (ਮੈਨੂੰ ਇਸ ਮਾਇਆ ਤੋਂ ਇਹਨਾਂ ਵਿਕਾਰਾਂ ਤੋਂ ਬਚਾਈ ਰੱਖ) ।੪।੪।੫੫।

ਆਸਾ ਮਹਲਾ ੫ ॥ ਏਕੁ ਬਗੀਚਾ ਪੇਡ ਘਨ ਕਰਿਆ ॥ ਅੰਮ੍ਰਿਤ ਨਾਮੁ ਤਹਾ ਮਹਿ ਫਲਿਆ ॥੧॥ ਐਸਾ ਕਰਹੁ ਬੀਚਾਰੁ ਗਿਆਨੀ ॥ ਜਾ ਤੇ ਪਾਈਐ ਪਦੁ ਨਿਰਬਾਨੀ ॥ ਆਸਿ ਪਾਸਿ ਬਿਖੂਆ ਕੇ ਕੁੰਟਾ ਬੀਚਿ ਅੰਮ੍ਰਿਤੁ ਹੈ ਭਾਈ ਰੇ ॥੧॥ ਰਹਾਉ ॥ ਸਿੰਚਨਹਾਰੇ ਏਕੈ ਮਾਲੀ ॥ ਖਬਰਿ ਕਰਤੁ ਹੈ ਪਾਤ ਪਤ ਡਾਲੀ ॥੨॥ ਸਗਲ ਬਨਸਪਤਿ ਆਣਿ ਜੜਾਈ ॥ ਸਗਲੀ ਫੂਲੀ ਨਿਫਲ ਨ ਕਾਈ ॥੩॥ ਅੰਮ੍ਰਿਤ ਫਲੁ ਨਾਮੁ ਜਿਨਿ ਗੁਰ ਤੇ ਪਾਇਆ ॥ ਨਾਨਕ ਦਾਸ ਤਰੀ ਤਿਨਿ ਮਾਇਆ ॥੪॥੫॥੫੬॥ {ਪੰਨਾ 385}

ਪਦਅਰਥ:- ਬਗੀਚਾ—ਬਾਗ਼, ਸੰਸਾਰ-ਬਗੀਚਾ । ਪੇਡ—ਰੁੱਖ, ਬੂਟੇ, ਜੀਵ । ਘਨ—ਬਹੁਤ, ਅਨੇਕਾਂ । ਕਰਿਆ—ਪੈਦਾ ਕੀਤੇ ਹਨ । ਫਲਿਆ—ਫਲ ਲੱਗਾ ।੧।

ਗਿਆਨੀ—ਹੇ ਗਿਆਨਵਾਨ ਮਨੁੱਖ! ਜਾ ਤੇ—ਜਿਸ (ਵਿਕਾਰ) ਦੀ ਸਹਾਇਤਾ ਨਾਲ । ਪਦੁ—ਦਰਜਾ । ਨਿਰਬਾਨੀ—ਵਾਸਨਾ-ਰਹਿਤ, ਜਿਥੇ ਮਾਇਆ ਦੀਆਂ ਵਾਸਨਾਂ ਪੋਹ ਨ ਸਕਣ । ਆਸਿ ਪਾਸਿ—ਤੇਰੇ ਚਾਰ ਚੁਫੇਰੇ । ਬਿਖੂਆ—ਜ਼ਹਰ । ਕੁੰਟਾ—ਕੁੰਡ, ਚਸ਼ਮੇ । ਬੀਚਿ—(ਤੇਰੇ) ਅੰਦਰ । ਭਾਈ ਰੇ—ਹੇ ਭਾਈ! ।੧।ਰਹਾਉ।

ਏਕੈ ਮਾਲੀ—ਇਕ ਮਾਲੀ ਨੂੰ ਹੀ (ਹਿਰਦੇ ਵਿਚ ਸੰਭਾਲ ਰੱਖ) । ਖਬਰਿ ਕਰਤ ਹੈ—ਸਾਰ ਲੈਂਦਾ ਹੈ । ਪਾਤ ਪਤ—ਹਰੇਕ ਪੱਤੇ ਦੀ ।੨।

ਸਗਲ ਬਨਸਪਤਿ—ਸਾਰੀ ਬਨਸਪਤੀ, ਬੇਅੰਤ ਜੀਅ ਜੰਤ । ਆਣਿ—ਲਿਆ ਕੇ । ਜੜਾਈ—ਸਜਾ ਦਿੱਤੀ ਹੈ । ਫੂਲੀ—ਫੁੱਲ ਦੇ ਰਹੀ ਹੈ, ਫੁੱਲ ਲੱਗ ਰਹੇ ਹਨ । ਨਿਫਲ—ਫਲ ਤੋਂ ਖ਼ਾਲੀ ।੩।

ਜਿਨਿ—ਜਿਸ (ਮਨੁੱਖ) ਨੇ । ਗੁਰ ਤੇ—ਗੁਰੂ ਪਾਸੋਂ । ਤਰੀ—ਪਾਰ ਕਰ ਲਈ, ਪਾਰ ਲੰਘ ਗਿਆ । ਤਿਨਿ—ਉਸ (ਮਨੁੱਖ) ਨੇ ।੪।

ਅਰਥ:- ਹੇ ਗਿਆਨਵਾਨ ਮਨੁੱਖ! ਕੋਈ ਇਹੋ ਜਿਹੀ ਵਿਚਾਰ ਕਰ ਜਿਸ ਦੀ ਬਰਕਤਿ ਨਾਲ ਉਹ (ਆਤਮਕ) ਦਰਜਾ ਪ੍ਰਾਪਤ ਹੋ ਜਾਏ ਜਿਥੇ ਕੋਈ ਵਾਸਨਾ ਨਾਹ ਪੋਹ ਸਕੇ । ਹੇ ਭਾਈ! ਤੇਰੇ ਚੁਫੇਰੇ (ਮਾਇਆ ਦੇ ਮੋਹ ਦੇ) ਜ਼ਹਰ ਦੇ ਚਸ਼ਮੇ (ਚੱਲ ਰਹੇ ਹਨ ਜੋ ਆਤਮਕ ਮੌਤ ਲੈ ਆਉਂਦੇ ਹਨ; ਪਰ ਤੇਰੇ) ਅੰਦਰ (ਨਾਮ-) ਅੰਮ੍ਰਿਤ (ਦਾ ਚਸ਼ਮਾ ਚੱਲ ਰਿਹਾ) ਹੈ ।੧।ਰਹਾਉ।

ਹੇ ਭਾਈ! ਇਹ ਜਗਤ ਇਕ ਬਗ਼ੀਚਾ ਹੈ ਜਿਸ ਵਿਚ (ਸਿਰਜਣਹਾਰ-ਮਾਲੀ ਨੇ) ਬੇਅੰਤ ਬੂਟੇ ਲਾਏ ਹੋਏ ਹਨ (ਰੰਗਾ ਰੰਗ ਦੇ ਜੀਵ ਪੈਦਾ ਕੀਤੇ ਹੋਏ ਹਨ, ਇਹਨਾਂ ਵਿਚੋਂ ਜਿਨ੍ਹਾਂ ਦੇ ਅੰਦਰ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ (ਸਿੰਜਿਆ ਜਾ ਰਿਹਾ) ਹੈ, ਉਹਨਾਂ ਵਿਚ (ਉੱਚੇ ਆਤਮਕ ਜੀਵਨ ਦਾ) ਫਲ ਲੱਗ ਰਿਹਾ ਹੈ ।੧।

(ਹੇ ਭਾਈ! ਆਤਮਕ ਜੀਵਨ ਵਾਸਤੇ ਨਾਮ-ਜਲ) ਸਿੰਜਣ ਵਾਲੇ ਉਸ ਇਕ (ਸਿਰਜਣਹਾਰ-) ਮਾਲੀ ਨੂੰ

(ਆਪਣੇ ਹਿਰਦੇ ਵਿਚ ਸੰਭਾਲ ਰੱਖੋ) ਜੋ ਹਰੇਕ ਬੂਟੇ ਦੇ ਪੱਤਰ ਪੱਤਰ ਡਾਲੀ ਡਾਲੀ ਦੀ ਸੰਭਾਲ ਕਰਦਾ ਹੈ (ਜੋ ਹਰੇਕ ਜੀਵ ਦੇ ਆਤਮਕ ਜੀਵਨ ਦੇ ਹਰੇਕ ਪਹਿਲੂ ਦਾ ਖ਼ਿਆਲ ਰੱਖਦਾ ਹੈ) ।੨।

(ਹੇ ਭਾਈ! ਉਸ ਮਾਲੀ ਨੇ ਇਸ ਜਗਤ-ਬਗ਼ੀਚੇ ਵਿਚ) ਸਾਰੀ ਬਨਸਪਤੀ ਲਿਆ ਕੇ ਸਜਾ ਦਿੱਤੀ ਹੈ (ਰੰਗਾ ਰੰਗ ਦੇ ਜੀਵ ਪੈਦਾ ਕਰ ਕੇ ਸੰਸਾਰ-ਬਗ਼ੀਚੇ ਨੂੰ ਸੋਹਣਾ ਬਣਾ ਦਿੱਤਾ ਹੈ) । ਸਾਰੀ ਬਨਸਪਤੀ ਫੁੱਲ ਦੇ ਰਹੀ ਹੈ, ਕੋਈ ਬੂਟਾ ਫਲ ਤੋਂ ਖ਼ਾਲੀ ਨਹੀਂ (ਹਰੇਕ ਜੀਵ ਮਾਇਆ ਦੇ ਆਹਰੇ ਲੱਗਾ ਹੋਇਆ ਹੈ) ।੩।

(ਪਰ) ਹੇ ਦਾਸ ਨਾਨਕ! (ਆਖ—) ਜਿਸ ਮਨੁੱਖ ਨੇ ਗੁਰੂ ਪਾਸੋਂ ਆਤਮਕ ਜੀਵਨ ਦੇਣ ਵਾਲਾ ਨਾਮ-ਫਲ ਪ੍ਰਾਪਤ ਕਰ ਲਿਆ ਹੈ ਉਸ ਨੇ ਮਾਇਆ (ਦੀ ਨਦੀ) ਪਾਰ ਕਰ ਲਈ ਹੈ ।੪।੫।੫੬।

ਆਸਾ ਮਹਲਾ ੫ ॥ ਰਾਜ ਲੀਲਾ ਤੇਰੈ ਨਾਮਿ ਬਨਾਈ ॥ ਜੋਗੁ ਬਨਿਆ ਤੇਰਾ ਕੀਰਤਨੁ ਗਾਈ ॥੧॥ ਸਰਬ ਸੁਖਾ ਬਨੇ ਤੇਰੈ ਓਲ੍ਹੈ ॥ ਭ੍ਰਮ ਕੇ ਪਰਦੇ ਸਤਿਗੁਰ ਖੋਲ੍ਹੇ ॥੧॥ ਰਹਾਉ ॥ ਹੁਕਮੁ ਬੂਝਿ ਰੰਗ ਰਸ ਮਾਣੇ ॥ ਸਤਿਗੁਰ ਸੇਵਾ ਮਹਾ ਨਿਰਬਾਣੇ ॥੨॥ ਜਿਨਿ ਤੂੰ ਜਾਤਾ ਸੋ ਗਿਰਸਤ ਉਦਾਸੀ ਪਰਵਾਣੁ ॥ ਨਾਮਿ ਰਤਾ ਸੋਈ ਨਿਰਬਾਣੁ ॥੩॥ ਜਾ ਕਉ ਮਿਲਿਓ ਨਾਮੁ ਨਿਧਾਨਾ ॥ ਭਨਤਿ ਨਾਨਕ ਤਾ ਕਾ ਪੂਰ ਖਜਾਨਾ ॥੪॥੬॥੫੭॥ {ਪੰਨਾ 385}

ਪਦਅਰਥ:- ਰਾਜ ਲੀਲਾ—ਰਾਜ ਦਾ ਮੌਜ-ਮੇਲਾ, ਰਾਜ ਤੋਂ ਮਿਲਣ ਵਾਲਾ ਸੁਖ-ਆਨੰਦ । ਤੇਰੈ ਨਾਮਿ—ਤੇਰੇ ਨਾਮ ਨੇ । ਗਾਈ—ਮੈਂ ਗਾਂਦਾ ਹਾਂ ।੧।

ਤੇਰੈ ਓਲ੍ਹੈ—ਤੇਰੇ ਆਸਰੇ (ਰਹਿਣ ਨਾਲ) । ਭ੍ਰਮ—ਭਟਕਣਾ ।੧।ਰਹਾਉ।

ਬੂਝਿ—ਸਮਝ ਕੇ । ਨਿਰਬਾਣੇ—ਵਾਸਨਾ-ਰਹਿਤ ਅਵਸਥਾ ।੨।

ਜਿਨਿ—ਜਿਸ ਨੇ । ਤੂੰ—ਤੈਨੂੰ । ਉਦਾਸੀ—ਤਿਆਗੀ । ਪਰਵਾਣੁ—ਕਬੂਲ । ਨਾਮਿ—ਨਾਮ ਵਿਚ । ਨਿਰਬਾਣੁ—ਵਾਸਨਾ ਤੋਂ ਰਹਿਤ ।੩।

ਜਾ ਕਉ—ਜਿਸ ਨੂੰ । ਨਿਧਾਨਾ—ਖ਼ਜ਼ਾਨਾ । ਭਨਤਿ—ਆਖਦਾ ਹੈ । ਪੂਰ—ਭਰਿਆ ਹੋਇਆ ।੪।

ਅਰਥ:- ਹੇ ਪ੍ਰਭੂ! (ਜਦੋਂ ਤੋਂ) ਸਤਿਗੁਰੂ ਨੇ (ਮੇਰੇ ਅੰਦਰੋਂ ਮਾਇਆ ਦੀ ਖ਼ਾਤਰ) ਭਟਕਣਾ ਪੈਦਾ ਕਰਨ ਵਾਲੇ ਪੜਦੇ ਖੋਹਲ ਦਿੱਤੇ ਹਨ (ਤੇ ਤੇਰੇ ਨਾਲੋਂ ਮੇਰੀ ਵਿੱਥ ਮੁੱਕ ਗਈ ਹੈ, ਤਦੋਂ ਤੋਂ) ਤੇਰੇ ਆਸਰੇ-ਪਰਨੇ ਰਹਿਣ ਨਾਲ ਮੇਰੇ ਵਾਸਤੇ ਸਾਰੇ ਸੁਖ ਹੀ ਸੁਖ ਬਣ ਗਏ ਹਨ ।੧।ਰਹਾਉ।

ਹੇ ਪ੍ਰਭੂ! ਤੇਰੇ ਨਾਮ ਨੇ ਮੇਰੇ ਵਾਸਤੇ ਉਹ ਮੌਜ ਬਣਾ ਦਿੱਤੀ ਹੈ ਜੋ ਰਾਜੇ ਲੋਕਾਂ ਨੂੰ ਰਾਜ ਤੋਂ ਮਿਲਦੀ ਪ੍ਰਤੀਤ ਹੁੰਦੀ ਹੈ, ਜਦੋਂ ਮੈਂ ਤੇਰੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦਾ ਹਾਂ ਤਾਂ ਮੈਨੂੰ ਜੋਗੀਆਂ ਵਾਲਾ ਜੋਗ ਪ੍ਰਾਪਤ ਹੋ ਜਾਂਦਾ ਹੈ (ਦੁਨੀਆ ਵਾਲਾ ਸੁਖ ਤੇ ਫ਼ਕੀਰੀ ਵਾਲਾ ਸੁਖ ਦੋਵੇਂ ਹੀ ਮੈਨੂੰ ਤੇਰੀ ਸਿਫ਼ਤਿ-ਸਾਲਾਹ ਵਿਚੋਂ ਮਿਲ ਰਹੇ ਹਨ) ।

ਹੇ ਪ੍ਰਭੂ! ਤੇਰੀ ਰਜ਼ਾ ਨੂੰ ਸਮਝ ਕੇ ਮੈਂ ਸਾਰੇ ਆਤਮਕ ਆਨੰਦ ਮਾਣ ਰਿਹਾ ਹਾਂ, ਸਤਿਗੁਰੂ ਦੀ (ਦੱਸੀ) ਸੇਵਾ ਦੀ ਬਰਕਤਿ ਨਾਲ ਮੈਨੂੰ ਬੜੀ ਉੱਚੀ ਵਾਸਨਾ-ਰਹਿਤ ਅਵਸਥਾ ਪ੍ਰਾਪਤ ਹੋ ਗਈ ਹੈ ।੨।

ਹੇ ਪ੍ਰਭੂ! ਜਿਸ ਮਨੁੱਖ ਨੇ ਤੇਰੇ ਨਾਲ ਡੂੰਘੀ ਸਾਂਝ ਪਾ ਲਈ ਉਹ ਚਾਹੇ ਗ੍ਰਿਹਸਤੀ ਹੈ ਚਾਹੇ ਤਿਆਗੀ ਉਹ ਤੇਰੀਆਂ ਨਜ਼ਰਾਂ ਵਿਚ ਕਬੂਲ ਹੈ । ਜੇਹੜਾ ਮਨੁੱਖ, ਹੇ ਪ੍ਰਭੂ! ਤੇਰੇ ਨਾਮ (-ਰੰਗ) ਵਿਚ ਰੰਗਿਆ ਹੋਇਆ ਹੈ ਉਹੀ ਸਦਾ ਦੁਨੀਆ ਦੀਆਂ ਵਾਸਨਾ ਤੋਂ ਬਚਿਆ ਰਹਿੰਦਾ ਹੈ ।੩।

ਨਾਨਕ ਆਖਦਾ ਹੈ—ਹੇ ਪ੍ਰਭੂ! ਜਿਸ ਮਨੁੱਖ ਨੂੰ ਤੇਰਾ ਨਾਮ-ਖ਼ਜ਼ਾਨਾ ਮਿਲ ਗਿਆ ਹੈ ਉਸ ਦਾ (ਉੱਚੇ ਆਤਮਕ ਜੀਵਨ ਦੇ ਗੁਣਾਂ ਦਾ) ਖ਼ਜ਼ਾਨਾ ਸਦਾ ਭਰਿਆ ਰਹਿੰਦਾ ਹੈ ।੪।੬।੫੭।

ਆਸਾ ਮਹਲਾ ੫ ॥ ਤੀਰਥਿ ਜਾਉ ਤ ਹਉ ਹਉ ਕਰਤੇ ॥ ਪੰਡਿਤ ਪੂਛਉ ਤ ਮਾਇਆ ਰਾਤੇ ॥੧॥ ਸੋ ਅਸਥਾਨੁ ਬਤਾਵਹੁ ਮੀਤਾ ॥ ਜਾ ਕੈ ਹਰਿ ਹਰਿ ਕੀਰਤਨੁ ਨੀਤਾ ॥੧॥ ਰਹਾਉ ॥ ਸਾਸਤ੍ਰ ਬੇਦ ਪਾਪ ਪੁੰਨ ਵੀਚਾਰ ॥ ਨਰਕਿ ਸੁਰਗਿ ਫਿਰਿ ਫਿਰਿ ਅਉਤਾਰ ॥੨॥ ਗਿਰਸਤ ਮਹਿ ਚਿੰਤ ਉਦਾਸ ਅਹੰਕਾਰ ॥ ਕਰਮ ਕਰਤ ਜੀਅ ਕਉ ਜੰਜਾਰ ॥੩॥ ਪ੍ਰਭ ਕਿਰਪਾ ਤੇ ਮਨੁ ਵਸਿ ਆਇਆ ॥ ਨਾਨਕ ਗੁਰਮੁਖਿ ਤਰੀ ਤਿਨਿ ਮਾਇਆ ॥੪॥ ਸਾਧਸੰਗਿ ਹਰਿ ਕੀਰਤਨੁ ਗਾਈਐ ॥ ਇਹੁ ਅਸਥਾਨੁ ਗੁਰੂ ਤੇ ਪਾਈਐ ॥੧॥ ਰਹਾਉ ਦੂਜਾ ॥੭॥੫੮॥ {ਪੰਨਾ 385}

ਪਦਅਰਥ:- ਤੀਰਥਿ—(ਕਿਸੇ) ਤੀਰਥ ਉੱਤੇ । ਜਾਉ—ਜਾਉਂ, ਮੈਂ ਜਾਂਦਾ ਹਾਂ । ਹਉ ਹਉ—ਮੈਂ (ਧਰਮੀ) ਮੈਂ (ਧਰਮੀ) । ਪੰਡਿਤ—{ਬਹੁ-ਵਚਨ} । ਪੂਛਉ—ਪੂਛਉਂ, ਮੈਂ ਪੁੱਛਦਾ ਹਾਂ । ਰਾਤੇ—ਮਸਤ, ਰੰਗੇ ਹੋਏ ।੧।

ਅਸਥਾਨੁ—ਥਾਂ । ਮੀਤਾ—ਹੇ ਮਿੱਤਰ! ਜਾ ਕੇ—ਜਿਸ ਦੇ ਪਾਸ, ਜਿਸ ਦੇ ਅੰਦਰ, ਜਿਸ ਦੀ ਰਾਹੀਂ । ਨੀਤਾ—ਨਿੱਤ, ਸਦਾ ।੧।ਰਹਾਉ।

ਨਰਕਿ—ਨਰਕ ਵਿਚ । ਸੁਰਗਿ—ਸੁਰਗ ਵਿਚ । ਅਉਤਾਰ—ਜਨਮ ।੨।

ਚਿੰਤ—ਚਿੰਤਾ । ਉਦਾਸ—ਉਦਾਸ (ਮਹਿ), ਤਿਆਗ ਵਿਚ । ਕਰਮ—ਕਰਮ-ਕਾਂਡ, ਮਿਥੇ ਹੋਏ ਧਾਰਮਿਕ ਕੰਮ । ਜੀਅ ਕਉ—ਜਿੰਦ ਨੂੰ । ਜੰਜਾਰ—ਜੰਜਾਲ, ਬੰਧਨ ।੩।

ਤੇ—ਤੋਂ ਨਾਲ । ਵਸਿ—ਵੱਸ ਵਿਚ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਤਿਨਿ—ਉਸ ਨੇ ।੪।

ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ । ਤੇ—ਤੋਂ, ਪਾਸੋਂ । ਰਹਾਉ ਦੂਜਾ ।

ਅਰਥ:- ਹੇ ਮਿੱਤਰ! ਨੂੰ ਮੈਨੂੰ ਉਹ ਥਾਂ ਦੱਸ ਜਿੱਥੇ ਹਰ ਵੇਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਹੁੰਦੀ ਹੋਵੇ ।੧।ਰਹਾਉ।

ਹੇ ਮਿੱਤਰ! ਜੇ ਮੈਂ (ਕਿਸੇ) ਤੀਰਥ ਉਥੇ ਜਾਂਦਾ ਹਾਂ ਤਾਂ ਉਥੇ ਮੈਂ 'ਮੈਂ (ਧਰਮੀ) ਮੈਂ (ਧਰਮੀ)' ਆਖਦੇ ਵੇਖਦਾ ਹਾਂ, ਜੇ ਮੈਂ (ਜਾ ਕੇ) ਪੰਡਿਤਾਂ ਨੂੰ ਪੁੱਛਦਾ ਹਾਂ ਤਾਂ ਉਹ ਭੀ ਮਾਇਆ ਦੇ ਰੰਗ ਵਿਚ ਰੰਗੇ ਹੋਏ ਹਨ ।੧।

(ਹੇ ਮਿੱਤਰ!) ਸ਼ਾਸਤ੍ਰ ਤੇ ਬੇਦ ਪੁੰਨਾਂ ਤੇ ਪਾਪਾਂ ਦੇ ਵਿਚਾਰ ਹੀ ਦੱਸਦੇ ਹਨ (ਇਹ ਦੱਸਦੇ ਹਨ ਕਿ ਫਲਾਣੇ ਕੰਮ ਪਾਪ ਹਨ ਫਲਾਣੇ ਕੰਮ ਪੁੰਨ ਹਨ, ਜਿਨ੍ਹਾਂ ਦੇ ਕਰਨ ਨਾਲ) ਮੁੜ ਮੁੜ (ਕਦੇ) ਨਰਕ ਵਿਚ (ਤੇ ਕਦੇ) ਸੁਰਗ ਵਿਚ ਪੈ ਜਾਈਦਾ ਹੈ ।੨।

(ਹੇ ਮਿੱਤਰ!) ਗ੍ਰਿਹਸਤ ਵਿਚ ਰਹਿਣ ਵਾਲਿਆਂ ਨੂੰ ਚਿੰਤਾ ਦਬਾ ਰਹੀ ਹੈ, (ਗ੍ਰਿਹਸਤ ਦਾ) ਤਿਆਗ ਕਰਨ ਵਾਲੇ ਅਹੰਕਾਰ (ਨਾਲ ਆਫਰੇ ਹੋਏ ਹਨ), (ਨਿਰੇ) ਕਰਮ-ਕਾਂਡ ਕਰਨ ਵਾਲਿਆਂ ਦੀ ਜਿੰਦ ਨੂੰ (ਮਾਇਆ ਦੇ) ਜੰਜਾਲ (ਪਏ ਹੋਏ ਹਨ) ।੩।

ਹੇ ਨਾਨਕ! (ਆਖ—) ਪਰਮਾਤਮਾ ਦੀ ਕਿਰਪਾ ਨਾਲ ਜਿਸ ਮਨੁੱਖ ਦਾ ਮਨ ਵੱਸ ਵਿਚ ਆ ਜਾਂਦਾ ਹੈ ਉਸ ਨੇ ਗੁਰੂ ਦੀ ਸਰਨ ਪੈ ਕੇ ਮਾਇਆ (ਦੀ ਸ਼ੂਕਦੀ ਨਦੀ) ਪਾਰ ਕਰ ਲਈ ਹੈ ।੪।

(ਹੇ ਮਿੱਤਰ!) ਸਾਧ ਸੰਗਤਿ ਵਿਚ ਰਹਿ ਕੇ (ਸਦਾ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੇ ਰਹਿਣਾ ਚਾਹੀਦਾ ਹੈ (ਇਸ ਦੀ ਬਰਕਤਿ ਨਾਲ ਹਉਮੈ, ਮਾਇਆ ਦਾ ਮੋਹ, ਚਿੰਤਾ, ਅਹੰਕਾਰ ਦੇ ਜੰਜਾਲ ਆਦਿਕ ਕੋਈ ਭੀ ਪੋਹ ਨਹੀਂ ਸਕਦਾ) ਪਰ ਇਹ ਥਾਂ ਗੁਰੂ ਪਾਸੋਂ ਲੱਭਦਾ ਹੈ ।੧। ਰਹਾਉ ਦੂਜਾ ।੨।੫੮।

ਆਸਾ ਮਹਲਾ ੫ ॥ ਘਰ ਮਹਿ ਸੂਖ ਬਾਹਰਿ ਫੁਨਿ ਸੂਖਾ ॥ ਹਰਿ ਸਿਮਰਤ ਸਗਲ ਬਿਨਾਸੇ ਦੂਖਾ ॥੧॥ ਸਗਲ ਸੂਖ ਜਾਂ ਤੂੰ ਚਿਤਿ ਆਂਵੈਂ ॥ ਸੋ ਨਾਮੁ ਜਪੈ ਜੋ ਜਨੁ ਤੁਧੁ ਭਾਵੈ ॥੧॥ ਰਹਾਉ ॥ ਤਨੁ ਮਨੁ ਸੀਤਲੁ ਜਪਿ ਨਾਮੁ ਤੇਰਾ ॥ ਹਰਿ ਹਰਿ ਜਪਤ ਢਹੈ ਦੁਖ ਡੇਰਾ ॥੨॥ ਹੁਕਮੁ ਬੂਝੈ ਸੋਈ ਪਰਵਾਨੁ ॥ ਸਾਚੁ ਸਬਦੁ ਜਾ ਕਾ ਨੀਸਾਨੁ ॥੩॥ ਗੁਰਿ ਪੂਰੈ ਹਰਿ ਨਾਮੁ ਦ੍ਰਿੜਾਇਆ ॥ ਭਨਤਿ ਨਾਨਕੁ ਮੇਰੈ ਮਨਿ ਸੁਖੁ ਪਾਇਆ ॥੪॥੮॥੫੯॥ {ਪੰਨਾ 385-386}

ਪਦਅਰਥ:- ਘਰ ਮਹਿ—ਹਿਰਦੇ-ਘਰ ਵਿਚ । ਬਾਹਰਿ ਫੁਨਿ—ਬਾਹਰ ਦੁਨੀਆ ਨਾਲ ਵਰਤਣ-ਵਿਹਾਰ ਕਰਨ ਵਿਚ ਭੀ । ਫੁਨਿ—ਭੀ । ਸਗਲ—ਸਾਰੇ ।੧।

ਚਿਤਿ—ਚਿੱਤ ਵਿਚ । ਆਂਵੈਂ—ਆਵਹਿ, ਆਉਂਦਾ ਹੈਂ {ਨੋਟ:- ਸਾਧਾਰਨ ਤੌਰ ਤੇ ਵਰਤਮਾਨ ਕਾਲ, ਮੱਧਮ ਪੁਰਸ਼ ਇਕ-ਵਚਨ ਵਾਸਤੇ ਕ੍ਰਿਆ ਦੇ ਨਾਲ 'ਹਿ' ਵਰਤਿਆ ਜਾਂਦਾ ਹੈ; ਜਿਵੇਂ 'ਕਰਹਿ'—ਤੂੰ ਕਰਦਾ ਹੈਂ । 'ਵੇਖਹਿ'—ਤੂੰ ਵੇਖਦਾ ਹੈਂ} । ਤੁਧੁ ਭਾਵੈ—ਤੈਨੂੰ ਪਿਆਰਾ ਲੱਗਦਾ ਹੈ ।੧।ਰਹਾਉ।

ਸੀਤਲੁ—ਠੰਢਾ । ਜਪਿ—ਜਪ ਕੇ । ਜਪਤ—ਜਪਦਿਆਂ । ਢਹੈ—ਡਿੱਗ ਪੈਂਦਾ ਹੈ । ਦੁਖ ਡੇਰਾ—ਦੁੱਖਾਂ ਦਾ ਡੇਰਾ ।੨।

ਹੁਕਮੁ—ਰਜ਼ਾ । ਸੋਈ—ਉਹੀ (ਮਨੁੱਖ) । ਸਾਚੁ—ਸਦਾ ਕਾਇਮ ਰਹਿਣ ਵਾਲਾ । ਸਾਚੁ ਸਬਦੁ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ । ਜਾ ਕਾ—ਜਿਸ ਦਾ, ਜਿਸ ਦੇ ਪਾਸ । ਨੀਸਾਨੁ—ਪਰਵਾਨਾ, ਰਾਹਦਾਰੀ ।੩।

ਗੁਰਿ ਪੂਰੈ—ਪੂਰੇ ਗੁਰੂ ਨੇ । ਭਨਤਿ ਨਾਨਕੁ—ਨਾਨਕ ਆਖਦਾ ਹੈ । ਮਨਿ—ਮਨ ਨੇ ।੪।

ਅਰਥ:- ਹੇ ਪ੍ਰਭੂ! ਜਿਸ ਮਨੁੱਖ ਦੇ ਚਿੱਤ ਵਿਚ ਤੂੰ ਆ ਵੱਸਦਾ ਹੈਂ ਉਸ ਨੂੰ ਸਾਰੇ ਸੁਖ ਹੀ ਸੁਖ ਪ੍ਰਤੀਤ ਹੁੰਦੇ ਹਨ । (ਪਰ) ਉਹੀ ਮਨੁੱਖ ਤੇਰਾ ਨਾਮ ਜਪਦਾ ਹੈ ਜੇਹੜਾ ਤੈਨੂੰ ਪਿਆਰਾ ਲੱਗਦਾ ਹੈ (ਜਿਸ ਉੱਤੇ ਤੇਰੀ ਮੇਹਰ ਹੁੰਦੀ ਹੈ) ।੧।ਰਹਾਉ।

(ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਨ ਵਾਲੇ ਮਨੁੱਖ ਨੂੰ ਆਪਣੇ) ਹਿਰਦੇ-ਘਰ ਵਿਚ ਆਨੰਦ ਪ੍ਰਤੀਤ ਹੁੰਦਾ ਰਹਿੰਦਾ ਹੈ, ਬਾਹਰ ਦੁਨੀਆ ਨਾਲ ਵਰਤਣ-ਵਿਹਾਰ ਕਰਦਿਆਂ ਭੀ ਉਸ ਦਾ ਆਤਮਕ ਆਨੰਦ ਬਣਿਆ ਰਹਿੰਦਾ ਹੈ (ਕਿਉਂਕਿ, ਹੇ ਭਾਈ!) ਪਰਮਾਤਮਾ ਦਾ ਸਿਮਰਨ ਕੀਤਿਆਂ ਸਾਰੇ ਦੁੱਖ ਨਾਸ ਹੋ ਜਾਂਦੇ ਹਨ ।੧।

ਹੇ ਪ੍ਰਭੂ! ਤੇਰਾ ਨਾਮ ਜਪ ਕੇ ਮਨ ਸ਼ਾਂਤ ਹੋ ਜਾਂਦਾ ਹੈ । ਸਰੀਰ (ਭੀ, ਹਰੇਕ ਗਿਆਨ-ਇੰਦ੍ਰਾ ਭੀ) ਸ਼ਾਂਤ ਹੋ ਜਾਂਦਾ ਹੈ । ਹੇ ਭਾਈ! ਪਰਮਾਤਮਾ ਦਾ ਨਾਮ ਜਪਦਿਆਂ ਦੁੱਖਾਂ ਦਾ ਡੇਰਾ ਹੀ ਚੁੱਕਿਆ ਜਾਂਦਾ ਹੈ ।੨।

(ਹੇ ਭਾਈ! ਇਸ ਜੀਵਨ-ਸਫ਼ਰ ਵਿਚ) ਜਿਸ ਮਨੁੱਖ ਦੇ ਪਾਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹਦਾਰੀ ਹੈ (ਤੇ ਇਸ ਰਾਹਦਾਰੀ ਦੀ ਬਰਕਤਿ ਨਾਲ ਜੇਹੜਾ ਪਰਮਾਤਮਾ ਦੀ) ਰਜ਼ਾ ਨੂੰ ਸਮਝ ਲੈਂਦਾ ਹੈ (ਰਜ਼ਾ ਵਿਚ ਖਿੜੇ-ਮੱਥੇ ਰਾਜ਼ੀ ਰਹਿੰਦਾ ਹੈ) ਉਹ ਮਨੁੱਖ (ਪਰਮਾਤਮਾ ਦੀ ਹਜ਼ੂਰੀ

ਵਿਚ) ਕਬੂਲ ਹੋ ਜਾਂਦਾ ਹੈ ।

ਨਾਨਕ ਆਖਦਾ ਹੈ—(ਹੇ ਭਾਈ! ਜਦੋਂ ਤੋਂ) ਪੂਰੇ ਗੁਰੂ ਨੇ ਪਰਮਾਤਮਾ ਦਾ ਨਾਮ ਮੇਰੇ ਹਿਰਦੇ ਵਿਚ ਪੱਕਾ ਕਰ ਦਿੱਤਾ ਹੈ (ਤਦੋਂ ਤੋਂ) ਮੇਰੇ ਮਨ ਨੇ (ਸਦਾ) ਸੁਖ ਹੀ ਅਨੁਭਵ ਕੀਤਾ ਹੈ ।੪।੮।੫੯।

ਆਸਾ ਮਹਲਾ ੫ ॥ ਜਹਾ ਪਠਾਵਹੁ ਤਹ ਤਹ ਜਾਈ ॥ ਜੋ ਤੁਮ ਦੇਹੁ ਸੋਈ ਸੁਖੁ ਪਾਈ ॥੧॥ ਸਦਾ ਚੇਰੇ ਗੋਵਿੰਦ ਗੋਸਾਈ ॥ ਤੁਮ੍ਰੀ ਕ੍ਰਿਪਾ ਤੇ ਤ੍ਰਿਪਤਿ ਅਘਾਈ ॥੧॥ ਰਹਾਉ ॥ ਤੁਮਰਾ ਦੀਆ ਪੈਨ੍ਉ ਖਾਈ ॥ ਤਉ ਪ੍ਰਸਾਦਿ ਪ੍ਰਭ ਸੁਖੀ ਵਲਾਈ ॥੨॥ ਮਨ ਤਨ ਅੰਤਰਿ ਤੁਝੈ ਧਿਆਈ ॥ ਤੁਮ੍ਰੈ ਲਵੈ ਨ ਕੋਊ ਲਾਈ ॥੩॥ ਕਹੁ ਨਾਨਕ ਨਿਤ ਇਵੈ ਧਿਆਈ ॥ ਗਤਿ ਹੋਵੈ ਸੰਤਹ ਲਗਿ ਪਾਈ ॥੪॥੯॥੬੦॥ {ਪੰਨਾ 386}

ਪਦਅਰਥ:- ਪਠਾਵਹੁ—ਤੂੰ ਭੇਜਦਾ ਹੈਂ । ਤਹ ਤਹ—ਉਥੇ ਉਥੇ । ਜਾਈਂ—ਮੈਂ ਜਾਂਦਾ ਹਾਂ । ਜੋ—ਜੋ ਕੁਝ । ਪਾਈਂ—ਮੈਂ ਮਾਣਦਾ ਹਾਂ ।੧।

ਚੇਰੇ—ਦਾਸ । ਗੋਵਿੰਦ—ਹੇ ਗੋਵਿੰਦ! ਕ੍ਰਿਪਾ ਤੇ—ਕਿਰਪਾ ਨਾਲ । ਤ੍ਰਿਪਤਿ ਅਘਾਈਂ—ਪੂਰਨ ਤੌਰ ਤੇ ਸੰਤੋਖ ਵਿਚ ਰਹਿੰਦਾ ਹਾਂ ।੧।ਰਹਾਉ।

ਪੈਨ੍ਉ—ਮੈਂ ਪਹਿਨਦਾ ਹਾਂ, ਪੈਨ੍ਉਂ । ਖਾਈਂ—ਮੈਂ ਖਾਂਦਾ ਹਾਂ । ਤਉ ਪ੍ਰਸਾਦਿ—ਤੇਰੀ ਕਿਰਪਾ ਨਾਲ । ਪ੍ਰਭ—ਹੇ ਪ੍ਰਭੂ! ਵਲਾਈਂ—ਮੈਂ ਉਮਰ ਗੁਜ਼ਾਰਦਾ ਹਾਂ ।੨।

ਲਵੈ—ਬਰਾਬਰ ।੩।

ਇਵੈ—ਇਸੇ ਤਰ੍ਹਾਂ । ਗਤਿ—ਉੱਚੀ ਆਤਮਕ ਅਵਸਥਾ । ਸੰਤਹ ਪਾਈਂ—ਸੰਤ ਜਨਾਂ ਦੀ ਚਰਨੀਂ ।੪।

ਅਰਥ:- ਹੇ ਗੋਵਿੰਦ! ਹੇ ਗੋਸਾਈਂ! (ਮੇਹਰ ਕਰ, ਮੈਂ) ਸਦਾ ਤੇਰਾ ਦਾਸ ਬਣਿਆ ਰਹਾਂ (ਕਿਉਂਕਿ) ਤੇਰੀ ਕਿਰਪਾ ਨਾਲ ਹੀ ਮੈਂ ਮਾਇਆ ਦੀ ਤ੍ਰਿਸ਼ਨਾ ਵਲੋਂ ਸਦਾ ਰੱਜਿਆ ਰਹਿੰਦਾ ਹਾਂ ।੧।ਰਹਾਉ।

(ਹੇ ਗੋਵਿੰਦ! ਇਹ ਤੇਰੀ ਹੀ ਮੇਹਰ ਹੈ ਕਿ) ਜਿਧਰ ਤੂੰ ਮੈਨੂੰ ਭੇਜਦਾ ਹੈਂ, ਮੈਂ ਉਧਰ ਉਧਰ ਹੀ (ਖ਼ੁਸ਼ੀ ਨਾਲ) ਜਾਂਦਾ ਹਾਂ, (ਸੁਖ ਹੋਵੇ ਚਾਹੇ ਦੁੱਖ ਹੋਵੇ) ਜੋ ਕੁਝ ਤੂੰ ਮੈਨੂੰ ਦੇਂਦਾ ਹੈਂ, ਮੈਂ ਉਸ ਨੂੰ (ਸਿਰ-ਮੱਥੇ ਉਤੇ) ਸੁਖ (ਜਾਣ ਕੇ) ਮੰਨਦਾ ਹਾਂ ।੧।

ਹੇ ਪ੍ਰਭੂ! ਜੋ ਕੁਝ ਤੂੰ ਮੈਨੂੰ (ਪਹਿਨਣ ਨੂੰ, ਖਾਣ ਨੂੰ,) ਦੇਂਦਾ ਹੈਂ ਉਹੀ ਮੈਂ (ਸੰਤੋਖ ਨਾਲ) ਪਹਿਨਦਾ ਤੇ ਖਾਂਦਾ ਹਾਂ, ਤੇਰੀ ਕਿਰਪਾ ਨਾਲ ਮੈਂ (ਆਪਣਾ ਜੀਵਨ) ਸੁਖ-ਆਨੰਦ ਨਾਲ ਬਿਤੀਤ ਕਰ ਰਿਹਾ ਹਾਂ ।੨।

ਹੇ ਪ੍ਰਭੂ! ਮੈਂ ਆਪਣੇ ਮਨ ਵਿਚ ਆਪਣੇ ਹਿਰਦੇ ਵਿਚ (ਸਦਾ) ਤੈਨੂੰ ਹੀ ਯਾਦ ਕਰਦਾ ਰਹਿੰਦਾ ਹਾਂ, ਤੇਰੇ ਬਰਾਬਰ ਦਾ ਮੈਂ ਹੋਰ ਕਿਸੇ ਨੂੰ ਨਹੀਂ ਸਮਝਦਾ ।੩।

ਹੇ ਨਾਨਕ! (ਪ੍ਰਭੂ-ਦਰ ਤੇ ਅਰਦਾਸ ਕਰਦਾ ਰਹੁ ਤੇ) ਆਖ—(ਹੇ ਪ੍ਰਭੂ! ਮੇਹਰ ਕਰ) ਮੈਂ ਇਸੇ ਤਰ੍ਹਾਂ ਸਦਾ ਤੈਨੂੰ ਸਿਮਰਦਾ ਰਹਾਂ । (ਤੇਰੀ ਮੇਹਰ ਹੋਵੇ ਤਾਂ ਤੇਰੇ) ਸੰਤ ਜਨਾਂ ਦੀ ਚਰਨੀਂ ਲੱਗ ਕੇ ਮੈਨੂੰ ਉੱਚੀ ਆਤਮਕ ਅਵਸਥਾ ਮਿਲੀ ਰਹੇ ।੪।੯।੬੦।

ਆਸਾ ਮਹਲਾ ੫ ॥ ਊਠਤ ਬੈਠਤ ਸੋਵਤ ਧਿਆਈਐ ॥ ਮਾਰਗਿ ਚਲਤ ਹਰੇ ਹਰਿ ਗਾਈਐ ॥੧॥ ਸ੍ਰਵਨ ਸੁਨੀਜੈ ਅੰਮ੍ਰਿਤ ਕਥਾ ॥ ਜਾਸੁ ਸੁਨੀ ਮਨਿ ਹੋਇ ਅਨੰਦਾ ਦੂਖ ਰੋਗ ਮਨ ਸਗਲੇ ਲਥਾ ॥੧॥ ਰਹਾਉ ॥ ਕਾਰਜਿ ਕਾਮਿ ਬਾਟ ਘਾਟ ਜਪੀਜੈ ॥ ਗੁਰ ਪ੍ਰਸਾਦਿ ਹਰਿ ਅੰਮ੍ਰਿਤੁ ਪੀਜੈ ॥੨॥ ਦਿਨਸੁ ਰੈਨਿ ਹਰਿ ਕੀਰਤਨੁ ਗਾਈਐ ॥ ਸੋ ਜਨੁ ਜਮ ਕੀ ਵਾਟ ਨ ਪਾਈਐ ॥੩॥ ਆਠ ਪਹਰ ਜਿਸੁ ਵਿਸਰਹਿ ਨਾਹੀ ॥ ਗਤਿ ਹੋਵੈ ਨਾਨਕ ਤਿਸੁ ਲਗਿ ਪਾਈ ॥੪॥੧੦॥੬੧॥ {ਪੰਨਾ 386}

ਪਦਅਰਥ:- ਮਾਰਗਿ—ਰਸਤੇ ਉਤੇ । ਚਲਤ—ਤੁਰਦਿਆਂ । ਹਰੇ ਹਰਿ—ਹਰੀ ਹੀ ਹਰੀ ।੧।

ਸ੍ਰਵਨ—ਕੰਨਾਂ ਨਾਲ । ਸੁਨੀਜੈ—ਸੁਣਨੀ ਚਾਹੀਦੀ ਹੈ । ਅੰਮ੍ਰਿਤ ਕਥਾ—ਆਤਮਕ ਜੀਵਨ ਦੇਣ ਵਾਲੀ ਸਿਫ਼ਤਿ-ਸਾਲਾਹ । ਜਾਸੁ ਸੁਨੀ—ਜਿਸ ਨੂੰ ਸੁਣਿਆਂ । ਮਨਿ—ਮਨ ਵਿਚ । ਮਨ—ਮਨ ਦੇ । ਸਗਲੇ—ਸਾਰੇ ।੧।ਰਹਾਉ।

ਕਾਰਜਿ—ਹਰੇਕ ਕਾਜ ਵਿਚ । ਕਾਮਿ—ਹਰੇਕ ਕੰਮ ਵਿਚ । ਬਾਟ—ਰਾਹੇ ਤੁਰਦਿਆਂ । ਘਾਟ—ਪੱਤਣ (ਲੰਘਦਿਆਂ) ।੨।

ਦਿਨਸੁ—ਦਿਨ । ਰੈਨਿ—ਰਾਤ । ਜਮ ਕੀ ਵਾਟ—ਜਮ ਦੇ ਰਸਤੇ, ਉਸ ਜੀਵਨ-ਰਾਹ ਤੇ ਜਿਥੇ ਆਤਮਕ ਮੌਤ ਆ ਦਬਾਏ ।੩।

ਵਿਸਰਹਿ ਨਾਹੀ—ਤੂੰ ਨਹੀਂ ਵਿਸਰਦਾ । ਗਤਿ—ਉੱਚੀ ਆਤਮਕ ਅਵਸਥਾ । ਤਿਸੁ ਪਾਈ—ਉਸ ਦੇ ਚਰਨੀਂ ।੪।

ਅਰਥ:- (ਹੇ ਭਾਈ!) ਕੰਨਾਂ ਨਾਲ (ਪਰਮਾਤਮਾ ਦੀ) ਆਤਮਕ ਜੀਵਨ ਦੇਣ ਵਾਲੀ ਸਿਫ਼ਤਿ-ਸਾਲਾਹ ਸੁਣਦੇ ਰਹਿਣਾ ਚਾਹੀਦਾ ਹੈ ਜਿਸ ਦੇ ਸੁਣਿਆਂ ਮਨ ਵਿਚ ਆਤਮਕ ਆਨੰਦ ਪੈਦਾ ਹੁੰਦਾ ਹੈ ਤੇ ਮਨ ਦੇ ਸਾਰੇ ਦੁੱਖ ਰੋਗ ਦੂਰ ਹੋ ਜਾਂਦੇ ਹਨ ।੧।ਰਹਾਉ।

(ਹੇ ਭਾਈ!) ਉਠਦਿਆਂ ਬੈਠਦਿਆਂ ਸੁੱਤਿਆਂ (ਜਾਗਦਿਆਂ ਹਰ ਵੇਲੇ) ਪਰਮਾਤਮਾ ਨੂੰ ਯਾਦ ਕਰਦੇ ਰਹਿਣਾ ਚਾਹੀਦਾ ਹੈ, ਰਸਤੇ ਤੁਰਦਿਆਂ ਭੀ ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੇ ਰਹਿਣਾ ਰਹਿਣਾ ਚਾਹੀਦਾ ਹੈ ।੧।

(ਹੇ ਭਾਈ!) ਹਰੇਕ ਕੰਮ ਕਾਜ ਕਰਦਿਆਂ, ਰਾਹੇ ਤੁਰਦਿਆਂ, ਪੱਤਣ ਲੰਘਦਿਆਂ ਪਰਮਾਤਮਾ ਦਾ ਨਾਮ ਜਪਦੇ ਰਹਿਣਾ ਚਾਹੀਦਾ ਹੈ ਤੇ ਗੁਰੂ ਦੀ ਕਿਰਪਾ ਦੀ ਬਰਕਤਿ ਨਾਲ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਜਲ ਪੀਂਦੇ ਰਹਿਣਾ ਚਾਹੀਦਾ ਹੈ ।੨।

(ਹੇ ਭਾਈ!) ਦਿਨ ਰਾਤ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦੇ ਰਹਿਣਾ ਚਾਹੀਦਾ ਹੈ (ਜੇਹੜਾ ਇਹ ਕੰਮ ਕਰਦਾ ਰਹਿੰਦਾ ਹੈ) ਜ਼ਿੰਦਗੀ ਦੇ ਸਫ਼ਰ ਵਿਚ ਆਤਮਕ ਮੌਤ ਉਸ ਦੇ ਨੇੜੇ ਨਹੀਂ ਢੁੱਕਦੀ ।੩।

ਹੇ ਨਾਨਕ! (ਆਖ—ਹੇ ਪ੍ਰਭੂ!) ਜਿਸ ਮਨੁੱਖ ਨੂੰ ਅੱਠੇ ਪਹਰ ਕਿਸੇ (ਵੇਲੇ ਭੀ) ਤੂੰ ਨਹੀਂ ਵਿਸਰਦਾ, ਉਸ ਦੀ ਚਰਨੀਂ ਲੱਗ ਕੇ (ਹੋਰ ਮਨੁੱਖਾਂ ਨੂੰ ਭੀ) ਉੱਚੀ ਆਤਮਕ ਅਵਸਥਾ ਮਿਲ ਜਾਂਦੀ ਹੈ ।੪।੧੦।੬੧।

ਆਸਾ ਮਹਲਾ ੫ ॥ ਜਾ ਕੈ ਸਿਮਰਨਿ ਸੁਖ ਨਿਵਾਸੁ ॥ ਭਈ ਕਲਿਆਣ ਦੁਖ ਹੋਵਤ ਨਾਸੁ ॥੧॥ ਅਨਦੁ ਕਰਹੁ ਪ੍ਰਭ ਕੇ ਗੁਨ ਗਾਵਹੁ ॥ ਸਤਿਗੁਰੁ ਅਪਨਾ ਸਦ ਸਦਾ ਮਨਾਵਹੁ ॥੧॥ ਰਹਾਉ ॥ ਸਤਿਗੁਰ ਕਾ ਸਚੁ ਸਬਦੁ ਕਮਾਵਹੁ ॥ ਥਿਰੁ ਘਰਿ ਬੈਠੇ ਪ੍ਰਭੁ ਅਪਨਾ ਪਾਵਹੁ ॥੨॥ ਪਰ ਕਾ ਬੁਰਾ ਨ ਰਾਖਹੁ ਚੀਤ ॥ ਤੁਮ ਕਉ ਦੁਖੁ ਨਹੀ ਭਾਈ ਮੀਤ ॥੩॥ ਹਰਿ ਹਰਿ ਤੰਤੁ ਮੰਤੁ ਗੁਰਿ ਦੀਨ੍ਹਾ ॥ ਇਹੁ ਸੁਖੁ ਨਾਨਕ ਅਨਦਿਨੁ ਚੀਨ੍ਹਾ ॥੪॥੧੧॥੬੨॥ {ਪੰਨਾ 386}

ਪਦਅਰਥ:- ਜਾ ਕੈ ਸਿਮਰਨਿ—ਜਿਸ (ਪਰਮਾਤਮਾ) ਦੇ ਸਿਮਰਨ ਦੀ ਰਾਹੀਂ । ਸੁਖ ਨਿਵਾਸੁ—(ਮਨ ਵਿਚ) ਆਨੰਦ ਦਾ ਵਾਸਾ । ਕਲਿਆਣ—ਸੁਖ-ਸਾਂਦ, ਖ਼ੈਰੀਅਤ ।੧।

ਕਰਹੁ—ਕਰੋਗੇ, ਮਾਣੋਗੇ । ਮਨਾਵਹੁ—ਖ਼ੁਸ਼ ਕਰੋ, ਪ੍ਰਸੰਨਤਾ ਹਾਸਲ ਕਰੋ ।੧।ਰਹਾਉ।

ਸਚੁ ਸਬਦੁ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲਾ ਗੁਰ-ਸ਼ਬਦ । ਘਰਿ—ਹਿਰਦੇ-ਘਰ ਵਿਚ ।੨।

ਪਰ ਕਾ—ਕਿਸੇ ਹੋਰ ਦਾ । ਨ ਰਾਖਹੁ ਚੀਤ—ਨਾਹ ਚਿਤਵਿਆ ਕਰੋ । ਭਾਈ ਮੀਤ—ਹੇ ਵੀਰ! ਹੇ ਮਿੱਤਰ! ।੩।

ਤੰਤੁ—ਟੂਣਾ । ਮੰਤੁ—ਮੰਤਰ । ਗੁਰਿ—ਗੁਰੂ ਨੇ । ਨਾਨਕ—ਹੇ ਨਾਨਕ! ਅਨਦਿਨੁ—ਹਰ ਰੋਜ਼ । ਚੀਨਾ—(ਵੱਸਦਾ) ਪਛਾਣ ਲਿਆ ।੪।

ਅਰਥ:- (ਹੇ ਭਾਈ! ਆਪਣੇ ਗੁਰੂ ਦੇ ਉਪਦੇਸ਼ ਅਨੁਸਾਰ ਤੁਰ ਕੇ) ਸਦਾ ਹੀ ਗੁਰੂ ਦੀ ਪ੍ਰਸੰਨਤਾ ਪ੍ਰਾਪਤ ਕਰਦੇ ਰਹੋ (ਗੁਰੂ ਦੇ ਹੁਕਮ ਅਨੁਸਾਰ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੇ ਰਿਹਾ ਕਰੋ (ਇਸ ਦਾ ਨਤੀਜਾ ਇਹ ਹੋਵੇਗਾ ਕਿ ਸਦਾ) ਆਤਮਕ ਆਨੰਦ ਮਾਣਦੇ ਰਹੋਗੇ ।੧।ਰਹਾਉ।

(ਹੇ ਭਾਈ! ਗੁਰੂ ਦੇ ਕਹੇ ਅਨੁਸਾਰ ਉਸ ਪਰਮਾਤਮਾ ਦਾ ਸਿਮਰਨ ਕਰਦੇ ਰਹੋ) ਜਿਸ ਦੇ ਸਿਮਰਨ ਦੀ ਬਰਕਤਿ ਨਾਲ (ਮਨ ਵਿਚ) ਸੁਖ ਦਾ ਵਾਸ ਹੋ ਜਾਂਦਾ ਹੈ, ਸਦਾ ਸੁਖ-ਸਾਂਦ ਬਣੀ ਰਹਿੰਦੀ ਹੈ ਤੇ ਦੁੱਖਾਂ ਦਾ ਨਾਸ ਹੋ ਜਾਂਦਾ ਹੈ ।੧।

(ਹੇ ਭਾਈ!) ਸਦਾ-ਥਿਰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਾਲੇ ਗੁਰ-ਸ਼ਬਦ ਨੂੰ ਹਰ ਵੇਲੇ ਹਿਰਦੇ ਵਿਚ ਰੱਖੋ (ਸ਼ਬਦ ਅਨੁਸਾਰ ਆਪਣਾ ਜੀਵਨ ਘੜਦੇ ਰਹੋ । ਇਸ ਸ਼ਬਦ ਦੀ ਬਰਕਤਿ ਨਾਲ ਆਪਣੇ) ਹਿਰਦੇ-ਘਰ ਵਿਚ ਅਡੋਲ ਟਿਕੇ ਰਹੋਗੇ (ਭਟਕਣਾ ਮੁੱਕ ਜਾਏਗੀ) ਤੇ ਪਰਮਾਤਮਾ ਨੂੰ ਆਪਣੇ ਅੰਦਰ ਹੀ ਲੱਭ ਲਵੋਗੇ ।੨।

ਹੇ ਵੀਰ! ਹੇ ਮਿੱਤਰ! ਕਦੇ ਕਿਸੇ ਦਾ ਬੁਰਾ ਨਾਹ ਚਿਤਵਿਆ ਕਰੋ (ਕਦੇ ਮਨ ਵਿਚ ਇਹ ਇੱਛਾ ਪੈਦਾ ਨਾਹ ਹੋਣ ਦਿਓ ਕਿ ਕਿਸੇ ਦਾ ਨੁਕਸਾਨ ਹੋਵੇ । ਇਸ ਦਾ ਸਿੱਟਾ ਇਹ ਹੋਵੇਗਾ ਕਿ) ਤੁਹਾਨੂੰ ਭੀ ਕੋਈ ਦੁੱਖ ਨਹੀਂ ਪੋਹ ਸਕੇਗਾ ।੩।

ਹੇ ਨਾਨਕ! ਜਿਸ ਮਨੁੱਖ ਨੂੰ ਗੁਰੂ ਨੇ ਪਰਮਾਤਮਾ ਦਾ ਨਾਮ ਹੀ ਟੂਣਾ ਦਿੱਤਾ ਹੈ ਪਰਮਾਤਮਾ ਦਾ ਨਾਮ ਹੀ ਮੰਤਰ ਦਿੱਤਾ ਹੈ (ਉਹ ਮੰਤਰਾਂ ਟੂਣਿਆਂ ਦੀ ਰਾਹੀਂ ਹੋਰਨਾਂ ਦਾ ਬੁਰਾ ਚਿਤਵਨ ਦੇ ਥਾਂ, ਆਪਣੇ ਅੰਦਰ) ਹਰ ਵੇਲੇ (ਪਰਮਾਤਮਾ ਦੇ ਨਾਮ ਤੋਂ ਪੈਦਾ ਹੋਇਆ) ਆਤਮਕ ਆਨੰਦ ਵੱਸਦਾ ਪਛਾਣ ਲੈਂਦਾ ਹੈ ।੪।੧੧।੬੨।

ਆਸਾ ਮਹਲਾ ੫ ॥ ਜਿਸੁ ਨੀਚ ਕਉ ਕੋਈ ਨ ਜਾਨੈ ॥ ਨਾਮੁ ਜਪਤ ਉਹੁ ਚਹੁ ਕੁੰਟ ਮਾਨੈ ॥੧॥ ਦਰਸਨੁ ਮਾਗਉ ਦੇਹਿ ਪਿਆਰੇ ॥ ਤੁਮਰੀ ਸੇਵਾ ਕਉਨ ਕਉਨ ਨ ਤਾਰੇ ॥੧॥ ਰਹਾਉ ॥ ਜਾ ਕੈ ਨਿਕਟਿ ਨ ਆਵੈ ਕੋਈ ॥ ਸਗਲ ਸ੍ਰਿਸਟਿ ਉਆ ਕੇ ਚਰਨ ਮਲਿ ਧੋਈ ॥੨॥ ਜੋ ਪ੍ਰਾਨੀ ਕਾਹੂ ਨ ਆਵਤ ਕਾਮ ॥ ਸੰਤ ਪ੍ਰਸਾਦਿ ਤਾ ਕੋ ਜਪੀਐ ਨਾਮ ॥੩॥ ਸਾਧਸੰਗਿ ਮਨ ਸੋਵਤ ਜਾਗੇ ॥ ਤਬ ਪ੍ਰਭ ਨਾਨਕ ਮੀਠੇ ਲਾਗੇ ॥੪॥੧੨॥੬੩॥ {ਪੰਨਾ 386}

ਪਦਅਰਥ:- ਨੀਚ ਕਉ—ਨੀਵੀਂ ਜਾਤੀ ਵਾਲੇ ਮਨੁੱਖ ਨੂੰ । ਨ ਜਾਨੈ—ਨਹੀਂ ਜਾਣਦਾ-ਪਛਾਣਦਾ, ਕਿਸੇ ਗਿਣਤੀ ਵਿਚ ਨਹੀਂ ਗਿਣਦਾ । ਚਹੁ ਕੁੰਟ—ਚਾਰੇ ਪਾਸੇ, ਸਾਰੇ ਸੰਸਾਰ ਵਿਚ । ਮਾਨੈ—ਮੰਨਿਆ ਜਾਂਦਾ ਹੈ, ਆਦਰ ਪਾਂਦਾ ਹੈ ।੧।

ਮਾਗਉ—ਮਾਂਗਉ, ਮੈਂ ਮੰਗਦਾ ਹਾਂ । ਪਿਆਰੇ—ਹੇ ਪਿਆਰੇ! ਕਉਨ ਕਉਨ—ਕਿਸ ਕਿਸ ਨੂੰ, ਹਰੇਕ ਨੂੰ ।੧।ਰਹਾਉ।

ਨਿਕਟਿ—ਨੇੜੇ । ਸਗਲ—ਸਾਰੀ । ਉਆ ਕੇ—ਉਸ ਦੇ । ਮਲਿ—ਮਲ ਮਲ ਕੇ । ਧੋਈ—ਧੋਂਦੀ ਹੈ ।੨।

ਸੰਤ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ । ਤਾ ਕੋ ਨਾਮ ਜਪੀਐ—ਉਸ ਨੂੰ ਯਾਦ ਕੀਤਾ ਜਾਂਦਾ ਹੈ ।੩।

ਮਨ—ਹੇ ਮਨ! ਨਾਨਕ—ਹੇ ਨਾਨਕ! ।੪।

ਅਰਥ:- ਹੇ ਪਿਆਰੇ ਪ੍ਰਭੂ! ਮੈਂ ਤੇਰਾ ਦਰਸਨ ਮੰਗਦਾ ਹਾਂ (ਮੈਨੂੰ ਆਪਣੇ ਦਰਸਨ ਦੀ ਦਾਤਿ) ਦੇਹ । ਜਿਸ ਜਿਸ ਨੇ ਤੇਰੀ ਸੇਵਾ-ਭਗਤੀ ਕੀਤੀ ਉਸ ਉਸ ਨੂੰ (ਤੂੰ ਆਪਣਾ ਦਰਸਨ ਦੇ ਕੇ) ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦਿੱਤਾ ।੧।ਰਹਾਉ।

ਹੇ ਪ੍ਰਭੂ! ਜਿਸ ਮਨੁੱਖ ਨੂੰ ਨੀਵੀਂ ਜਾਤਿ ਦਾ ਸਮਝ ਕੇ ਕੋਈ ਜਾਣਦਾ-ਪਛਾਣਦਾ ਭੀ ਨਹੀਂ, ਤੇਰਾ ਨਾਮ ਜਪਣ ਦੀ ਬਰਕਤਿ ਨਾਲ ਸਾਰੇ ਜਗਤ ਵਿਚ ਉਸ ਦਾ ਆਦਰ-ਮਾਣ ਹੋਣ ਲੱਗ ਪੈਂਦਾ ਹੈ ।੧।

ਹੇ ਪ੍ਰਭੂ! (ਕੰਗਾਲ ਜਾਣ ਕੇ) ਜਿਸ ਮਨੁੱਖ ਦੇ ਨੇੜੇ ਭੀ ਕੋਈ ਨਹੀਂ ਸੀ ਢੁਕਦਾ (ਤੇਰਾ ਨਾਮ ਜਪਣ ਦੀ ਬਰਕਤਿ ਨਾਲ ਫਿਰ) ਸਾਰੀ ਲੋਕਾਈ ਉਸ ਦੇ ਪੈਰ ਮਲ ਮਲ ਕੇ ਧੋਣ ਲੱਗ ਪੈਂਦੀ ਹੈ ।

ਹੇ ਪ੍ਰਭੂ! ਜੇਹੜਾ ਮਨੁੱਖ (ਪਹਿਲਾਂ) ਕਿਸੇ ਦਾ ਕੋਈ ਕੰਮ ਸਵਾਰਨ ਜੋਗਾ ਨਹੀਂ ਸੀ (ਹੁਣ) ਗੁਰੂ ਦੀ ਕਿਰਪਾ ਨਾਲ (ਤੇਰਾ ਨਾਮ ਜਪਣ ਕਰਕੇ) ਉਸ ਨੂੰ ਹਰ ਥਾਂ ਯਾਦ ਕੀਤਾ ਜਾਂਦਾ ਹੈ ।੩।

ਹੇ ਨਾਨਕ! (ਆਖ—) ਹੇ ਮਨ! ਸਾਧ ਸੰਗਤਿ ਵਿਚ ਆ ਕੇ (ਮਾਇਆ ਦੇ ਮੋਹ ਦੀ ਨੀਂਦ ਵਿਚ) ਸੁੱਤੇ ਹੋਏ ਲੋਕ ਜਾਗ ਪੈਂਦੇ ਹਨ (ਆਤਮਕ ਜੀਵਨ ਦੀ ਸੂਝ ਪ੍ਰਾਪਤ ਕਰ ਲੈਂਦੇ ਹਨ, ਤੇ) ਤਦੋਂ ਉਹਨਾਂ ਨੂੰ ਪ੍ਰਭੂ ਜੀ ਪਿਆਰੇ ਲੱਗਣ ਲੱਗ ਪੈਂਦੇ ਹਨ ।੪।੧੨।੬੩।

ਆਸਾ ਮਹਲਾ ੫ ॥ ਏਕੋ ਏਕੀ ਨੈਨ ਨਿਹਾਰਉ ॥ ਸਦਾ ਸਦਾ ਹਰਿ ਨਾਮੁ ਸਮ੍ਾਰਉ ॥੧॥ ਰਾਮ ਰਾਮਾ ਰਾਮਾ ਗੁਨ ਗਾਵਉ ॥ ਸੰਤ ਪ੍ਰਤਾਪਿ ਸਾਧ ਕੈ ਸੰਗੇ ਹਰਿ ਹਰਿ ਨਾਮੁ ਧਿਆਵਉ ਰੇ ॥੧॥ ਰਹਾਉ ॥ ਸਗਲ ਸਮਗ੍ਰੀ ਜਾ ਕੈ ਸੂਤਿ ਪਰੋਈ ॥ ਘਟ ਘਟ ਅੰਤਰਿ ਰਵਿਆ ਸੋਈ ॥੨॥ ਓਪਤਿ

ਪਰਲਉ ਖਿਨ ਮਹਿ ਕਰਤਾ ॥ ਆਪਿ ਅਲੇਪਾ ਨਿਰਗੁਨੁ ਰਹਤਾ ॥੩॥ ਕਰਨ ਕਰਾਵਨ ਅੰਤਰਜਾਮੀ ॥ ਅਨੰਦ ਕਰੈ ਨਾਨਕ ਕਾ ਸੁਆਮੀ ॥੪॥੧੩॥੬੪॥ {ਪੰਨਾ 387}

ਪਦਅਰਥ:- ਏਕੋ ਏਕੀ—ਇਕ ਪਰਮਾਤਮਾ ਹੀ । ਨਿਹਾਰਉ—ਨਿਹਾਰਉਂ, ਮੈਂ ਵੇਖਦਾ ਹਾਂ । ਸਮ੍ਾਰਉ—ਮੈਂ ਹਿਰਦੇ ਵਿਚ ਟਿਕਾਈ ਰੱਖਦਾ ਹਾਂ ।੧।

ਰਾਮਾ—ਰਮਾ, ਸੁੰਦਰ । ਗਾਵਉ—ਮੈਂ ਗਾਂਦਾ ਹਾਂ । ਸੰਤ ਪ੍ਰਤਾਪਿ—ਗੁਰੂ ਦੇ ਬਖ਼ਸ਼ੇ ਪ੍ਰਤਾਪ ਨਾਲ ।੧।ਰਹਾਉ।

ਸਮਗ੍ਰੀ—ਚੀਜ਼ਾਂ, ਪਦਾਰਥ । ਸੂਤਿ—ਸੂਤਰ ਵਿਚ, ਮਰਯਾਦਾ ਵਿਚ । ਸੋਈ—ਉਹ ਪਰਮਾਤਮਾ ਹੀ ।੨।

ਓਪਤਿ—ਉਤਪੱਤੀ । ਪਰਲਉ—ਸਾਰੇ ਜਗਤ ਦਾ ਨਾਸ । ਅਲੇਪਾ—ਨਿਰਲੇਪ, ਵੱਖਰਾ । ਨਿਰਗੁਨੁ—ਮਾਇਆ ਦੇ ਤਿੰਨ ਗੁਣਾਂ ਤੋਂ ਨਿਰਲੇਪ ।੩।

ਅਨੰਦ ਕਰੈ—ਹਰ ਵੇਲੇ ਪ੍ਰਸੰਨ ਰਹਿੰਦਾ ਹੈਂ ।੪।

ਅਰਥ:- ਹੇ ਭਾਈ! ਗੁਰੂ ਦੇ ਬਖ਼ਸ਼ੇ ਪ੍ਰਤਾਪ ਦੀ ਬਰਕਤਿ ਨਾਲ ਗੁਰੂ ਦੀ ਸੰਗਤਿ ਵਿਚ ਰਹਿ ਕੇ ਮੈਂ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹਾਂ ਮੈਂ ਪਰਮਾਤਮਾ ਦੇ ਸੋਹਣੇ ਗੁਣ ਗਾਂਦਾ ਰਹਿੰਦਾ ਹਾਂ ।੧।ਰਹਾਉ।

(ਹੇ ਭਾਈ! ਗੁਰੂ ਦੇ ਪ੍ਰਤਾਪ ਦਾ ਸਦਕਾ ਹੀ) ਮੈਂ ਹਰ ਥਾਂ ਪਰਮਾਤਮਾ ਨੂੰ ਹੀ ਵੱਸਦਾ ਆਪਣੀਆਂ ਅੱਖਾਂ ਨਾਲ ਵੇਖਦਾ ਹਾਂ, ਤੇ ਸਦਾ ਹੀ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਟਿਕਾਈ ਰੱਖਦਾ ਹਾਂ ।੧।

(ਹੇ ਭਾਈ! ਗੁਰੂ ਦੇ ਬਖ਼ਸ਼ੇ ਪ੍ਰਤਾਪ ਦੀ ਬਰਕਤਿ ਨਾਲ ਹੁਣ ਮੈਨੂੰ ਇਹ ਨਿਸਚਾ ਹੈ ਕਿ) ਉਹ ਪਰਮਾਤਮਾ ਹੀ ਹਰੇਕ ਸਰੀਰ ਦੇ ਅੰਦਰ ਵੱਸ ਰਿਹਾ ਹੈ ਜਿਸ (ਦੀ ਰਜ਼ਾ) ਦੇ ਧਾਗੇ ਵਿਚ ਸਾਰੇ ਪਦਾਰਥ ਪ੍ਰੋਤੇ ਹੋਏ ਹਨ ।੨।

(ਹੇ ਭਾਈ! ਗੁਰੂ ਦੀ ਸੰਗਤਿ ਵਿਚ ਟਿਕੇ ਰਹਿਣ ਸਦਕਾ ਹੁਣ ਮੈਂ ਜਾਣਦਾ ਹਾਂ ਕਿ) ਪਰਮਾਤਮਾ ਇਕ ਖਿਨ ਵਿਚ ਸਾਰੇ ਜਗਤ ਦੀ ਉਤਪੱਤੀ ਤੇ ਨਾਸ ਕਰ ਸਕਦਾ ਹੈ, (ਸਾਰੇ ਜਗਤ ਵਿਚ ਵਿਆਪਕ ਹੁੰਦਾ ਹੋਇਆ ਭੀ) ਪ੍ਰਭੂ ਆਪ ਸਭ ਤੋਂ ਵੱਖਰਾ ਰਹਿੰਦਾ ਹੈ ਤੇ ਮਾਇਆ ਦੇ ਤਿੰਨ ਗੁਣਾਂ ਦੇ ਪ੍ਰਭਾਵ ਤੋਂ ਅਛੋਹ ਰਹਿੰਦਾ ਹੈ ।੩।

(ਹੇ ਭਾਈ! ਗੁਰੂ ਦੇ ਪ੍ਰਤਾਪ ਦੀ ਬਰਕਤਿ ਨਾਲ ਮੈਨੂੰ ਇਹ ਯਕੀਨ ਬਣਿਆ ਹੈ ਕਿ) ਹਰੇਕ ਦੇ ਦਿਲ ਦੀ ਜਾਣਨ ਵਾਲਾ ਪਰਮਾਤਮਾ (ਸਭ ਵਿਚ ਵਿਆਪਕ ਹੋ ਕੇ) ਸਭ ਕੁਝ ਕਰਨ ਤੇ ਜੀਵਾਂ ਪਾਸੋਂ ਕਰਾਣ ਦੀ ਸਮਰੱਥਾ ਰੱਖਦਾ ਹੈ (ਇਤਨੇ ਖਲਜਗਨ ਵਾਲਾ ਹੁੰਦਾ ਹੋਇਆ ਭੀ) ਮੈਂ ਨਾਨਕ ਦਾ ਖਸਮ-ਪ੍ਰਭੂ ਸਦਾ ਪ੍ਰਸੰਨ ਰਹਿੰਦਾ ਹੈ ।੪।੧੩।੬੪।

ਆਸਾ ਮਹਲਾ ੫ ॥ ਕੋਟਿ ਜਨਮ ਕੇ ਰਹੇ ਭਵਾਰੇ ॥ ਦੁਲਭ ਦੇਹ ਜੀਤੀ ਨਹੀ ਹਾਰੇ ॥੧॥ ਕਿਲਬਿਖ ਬਿਨਾਸੇ ਦੁਖ ਦਰਦ ਦੂਰਿ ॥ ਭਏ ਪੁਨੀਤ ਸੰਤਨ ਕੀ ਧੂਰਿ ॥੧॥ ਰਹਾਉ ॥ ਪ੍ਰਭ ਕੇ ਸੰਤ ਉਧਾਰਨ ਜੋਗ ॥ ਤਿਸੁ ਭੇਟੇ ਜਿਸੁ ਧੁਰਿ ਸੰਜੋਗ ॥੨॥ ਮਨਿ ਆਨੰਦੁ ਮੰਤ੍ਰੁ ਗੁਰਿ ਦੀਆ ॥ ਤ੍ਰਿਸਨ ਬੁਝੀ ਮਨੁ ਨਿਹਚਲੁ ਥੀਆ ॥੩॥ ਨਾਮੁ ਪਦਾਰਥੁ ਨਉ ਨਿਧਿ ਸਿਧਿ ॥ ਨਾਨਕ ਗੁਰ ਤੇ ਪਾਈ ਬੁਧਿ ॥੪॥੧੪॥੬੫॥ {ਪੰਨਾ 387}

ਪਦਅਰਥ:- ਕੋਟਿ—ਕ੍ਰੋੜਾਂ । ਰਹੇ—ਮੁੱਕ ਗਏ । ਭਵਾਰੇ—ਭੌਣੇ, ਗੇੜ, ਭਟਕਣ । ਦੁਲਭ—ਜੋ ਬੜੀ ਮੁਸ਼ਕਲ ਨਾਲ ਮਿਲੀ ਹੈ ।੧।

ਕਿਲਬਿਖ—ਪਾਪ । ਪੁਨੀਤ—ਪਵਿਤ੍ਰ । ਧੂਰਿ—ਚਰਨ-ਧੂੜ ।੧।ਰਹਾਉ ।

ਉਧਾਰਨ ਜੋਗ—ਬਚਾਣ ਦੀ ਤਾਕਤ ਰੱਖਣ ਵਾਲੇ । ਤਿਸੁ—ਉਸ ਮਨੁੱਖ ਨੂੰ । ਧੁਰਿ—ਪ੍ਰਭੂ ਦੀ ਹਜ਼ੂਰੀ ਤੋਂ ।੨।

ਧੁਰਿ—ਮਨ ਵਿਚ । ਗੁਰਿ—ਗੁਰੂ ਨੇ । ਤ੍ਰਿਸਨ—ਤ੍ਰਿਸ਼ਨਾ । ਨਿਹਚਲੁ—ਅਡੋਲ ।੩।

ਨਉ ਨਿਧਿ—ਜਗਤ ਦੇ ਸਾਰੇ ਹੀ ਨੌ ਖ਼ਜ਼ਾਨੇ । ਸਿਧਿ—ਮਾਨਸਕ ਤਾਕਤਾਂ, ਕਰਾਮਾਤੀ ਤਾਕਤਾਂ । ਬੁਧਿ—ਅਕਲ, ਸੂਝ । ਤੇ—ਤੋਂ ।੪।

ਅਰਥ:- (ਹੇ ਭਾਈ! ਜਿਨ੍ਹਾਂ ਵਡ-ਭਾਗੀ ਮਨੁੱਖਾਂ ਨੂੰ) ਸੰਤ ਜਨਾਂ ਦੇ ਚਰਨਾਂ ਦੀ ਧੂੜ (ਮਿਲ ਗਈ ਉਹ) ਪਵਿਤ੍ਰ ਜੀਵਨ ਵਾਲੇ ਹੋ ਗਏ, (ਉਹਨਾਂ ਦੇ ਸਾਰੇ) ਦੁਖ ਕਲੇਸ਼ ਦੂਰ ਹੋ ਗਏ ।੧।ਰਹਾਉ।

(ਹੇ ਭਾਈ! ਜਿਨ੍ਹਾਂ ਨੂੰ ਸੰਤ ਜਨਾਂ ਦੀ ਚਰਨ-ਧੂੜ ਪ੍ਰਾਪਤ ਹੋਈ, ਉਹਨਾਂ ਦੇ) ਕ੍ਰੋੜਾਂ ਜਨਮਾਂ ਦੇ ਗੇੜ ਮੁੱਕ ਗਏ, ਉਹਨਾਂ ਨੇ ਮੁਸ਼ਕਲ ਨਾਲ ਮਿਲੇ ਇਸ ਮਨੁੱਖਾ ਜਨਮ ਦੀ ਬਾਜ਼ੀ ਜਿੱਤ ਲਈ, (ਉਹਨਾਂ ਮਾਇਆ ਦੇ ਹੱਥੋਂ) ਹਾਰ ਨਹੀਂ ਖਾਧੀ ।੧।

(ਹੇ ਭਾਈ!) ਪਰਮਾਤਮਾ ਦੀ ਭਗਤੀ ਕਰਨ ਵਾਲੇ ਸੰਤ ਜਨ ਹੋਰਨਾਂ ਨੂੰ ਭੀ ਵਿਕਾਰਾਂ ਤੋਂ ਬਚਾਣ ਦੀ ਸਮਰੱਥਾ ਰੱਖਦੇ ਹਨ, ਪਰ ਸੰਤ ਜਨ ਮਿਲਦੇ ਸਿਰਫ਼ ਉਸ ਮਨੁੱਖ ਨੂੰ ਹੀ ਹਨ ਜਿਸ ਦੇ ਭਾਗਾਂ ਵਿਚ ਧੁਰ ਦਰਗਾਹ ਤੋਂ ਮਿਲਾਪ ਦਾ ਲੇਖ ਲਿਖਿਆ ਹੁੰਦਾ ਹੈ ।੨।

(ਹੇ ਭਾਈ! ਜਿਸ ਮਨੁੱਖ ਨੂੰ) ਗੁਰੂ ਨੇ ਉਪਦੇਸ਼ ਦੇ ਦਿੱਤਾ ਉਸ ਦੇ ਮਨ ਵਿਚ (ਸਦਾ) ਆਨੰਦ ਬਣਿਆ ਰਹਿੰਦਾ ਹੈ, (ਉਸ ਦੇ ਅੰਦਰੋਂ ਮਾਇਆ ਦੀ) ਤ੍ਰਿਸ਼ਨਾ (ਦੀ ਅੱਗ) ਬੁੱਝ ਜਾਂਦੀ ਹੈ, ਉਸ ਦਾ ਮਨ (ਮਾਇਆ ਦੇ ਹੱਲਿਆਂ ਦੇ ਟਾਕਰੇ ਤੇ) ਡੋਲਣੋਂ ਹਟ ਜਾਂਦਾ ਹੈ ।੩।

ਹੇ ਨਾਨਕ! ਜਿਸ ਮਨੁੱਖ ਨੇ ਗੁਰੂ ਪਾਸੋਂ (ਸਹੀ ਆਤਮਕ ਜੀਵਨ ਦੀ) ਸੂਝ ਪ੍ਰਾਪਤ ਕਰ ਲਈ ਉਸ ਨੂੰ ਸਭ ਤੋਂ ਕੀਮਤੀ ਪਦਾਰਥ ਪਰਮਾਤਮਾ ਦਾ ਨਾਮ ਮਿਲ ਜਾਂਦਾ ਹੈ ਉਸ ਨੂੰ, ਮਾਨੋ, ਦੁਨੀਆ ਦੇ ਸਾਰੇ ਨੌ ਖ਼ਜ਼ਾਨੇ ਮਿਲ ਜਾਂਦੇ ਹਨ ਉਸ ਨੂੰ ਕਰਾਮਤੀ ਤਾਕਤਾਂ ਪ੍ਰਾਪਤ ਹੋ ਜਾਂਦੀਆਂ ਹਨ (ਭਾਵ, ਉਸ ਨੂੰ ਦੁਨੀਆ ਦੇ ਧਨ-ਪਦਾਰਥ ਅਤੇ ਰਿੱਧੀਆਂ ਸਿੱਧੀਆਂ ਦੀ ਲਾਲਸਾ ਨਹੀਂ ਰਹਿ ਜਾਂਦੀ) ।੪।੧੪।੬੫।

ਆਸਾ ਮਹਲਾ ੫ ॥ ਮਿਟੀ ਤਿਆਸ ਅਗਿਆਨ ਅੰਧੇਰੇ ॥ ਸਾਧ ਸੇਵਾ ਅਘ ਕਟੇ ਘਨੇਰੇ ॥੧॥ ਸੂਖ ਸਹਜ ਆਨੰਦੁ ਘਨਾ ॥ ਗੁਰ ਸੇਵਾ ਤੇ ਭਏ ਮਨ ਨਿਰਮਲ ਹਰਿ ਹਰਿ ਹਰਿ ਹਰਿ ਨਾਮੁ ਸੁਨਾ ॥੧॥ ਰਹਾਉ ॥ ਬਿਨਸਿਓ ਮਨ ਕਾ ਮੂਰਖੁ ਢੀਠਾ ॥ ਪ੍ਰਭ ਕਾ ਭਾਣਾ ਲਾਗਾ ਮੀਠਾ ॥੨॥ ਗੁਰ ਪੂਰੇ ਕੇ ਚਰਣ ਗਹੇ ॥ ਕੋਟਿ ਜਨਮ ਕੇ ਪਾਪ ਲਹੇ ॥੩॥ ਰਤਨ ਜਨਮੁ ਇਹੁ ਸਫਲ ਭਇਆ ॥ ਕਹੁ ਨਾਨਕ ਪ੍ਰਭ ਕਰੀ ਮਇਆ ॥੪॥੧੫॥੬੬॥ {ਪੰਨਾ 387}

ਪਦਅਰਥ:- ਤਿਆਸ—ਤ੍ਰੇਹ, ਪਿਆਸ, ਤ੍ਰਿਸ਼ਨਾ । ਅਗਿਆਨ—ਗਿਆਨ ਦੀ ਅਣਹੋਂਦ, ਪਰਮਾਤਮਾ ਨਾਲ ਡੂੰਘੀ ਜਾਣ-ਪਛਾਣ ਦੀ ਅਣਹੋਂਦ । ਸਾਧ—ਗੁਰੂ । ਅਘ—ਪਾਪ । ਘਨੇਰੇ—ਬਹੁਤ ।੧।

ਸਹਜ—ਆਤਮਕ ਅਡੋਲਤਾ । ਘਨਾ—ਬਹੁਤ । ਨਿਰਮਲ—ਪਵਿਤ੍ਰ ।੧।ਰਹਾਉ।

ਮੂਰਖੁ—ਮੂਰਖਪੁਣਾ । ਢੀਠਾ—ਅਮੋੜ-ਪਨ । ਭਾਣਾ—ਰਜ਼ਾ ।੨।

ਗਹੇ—ਫੜੇ । ਕੋਟਿ—ਕ੍ਰੋੜਾਂ ।੩।

ਸਫਲ—ਕਾਮਯਾਬ । ਮਇਆ—ਦਇਆ ।੪।

ਅਰਥ:- (ਹੇ ਭਾਈ! ਜੇਹੜੇ ਮਨੁੱਖ) ਸਦਾ ਪਰਮਾਤਮਾ ਦਾ ਨਾਮ ਸੁਣਦੇ ਰਹਿੰਦੇ ਹਨ (ਸਿਫ਼ਤਿ-ਸਾਲਾਹ ਕਰਦੇ ਸੁਣਦੇ ਰਹਿੰਦੇ ਹਨ) ਗੁਰੂ ਦੀ ਦੱਸੀ (ਇਸ) ਸੇਵਾ ਦੀ ਬਰਕਤਿ ਨਾਲ ਉਹਨਾਂ ਦੇ ਮਨ ਪਵਿਤ੍ਰ ਹੋ ਜਾਂਦੇ ਹਨ, ਉਹਨਾਂ ਨੂੰ ਬੜਾ ਸੁਖ ਅਨੰਦ ਪ੍ਰਾਪਤ ਹੁੰਦਾ ਹੈ (ਉਹਨਾਂ ਦੇ ਅੰਦਰ) ਆਤਮਕ ਅਡੋਲਤਾ ਬਣੀ ਰਹਿੰਦੀ ਹੈ ।੧।ਰਹਾਉ।

(ਹੇ ਭਾਈ! ਜੇਹੜੇ ਮਨੁੱਖ ਹਰਿ-ਨਾਮ ਸੁਣਦੇ ਹਨ ਉਹਨਾਂ ਦੇ ਅੰਦਰੋਂ ਪਹਿਲੇ) ਅਗਿਆਨਤਾ ਦੇ ਹਨੇਰੇ ਕਾਰਨ ਪੈਦਾ ਹੋਈ ਮਾਇਆ ਦੀ ਤ੍ਰਿਸ਼ਨਾ ਮਿਟ ਜਾਂਦੀ ਹੈ, ਗੁਰੂ ਦੀ (ਦੱਸੀ) ਸੇਵਾ ਦੇ ਕਾਰਨ ਉਹਨਾਂ ਦੇ ਅਨੇਕਾਂ ਹੀ ਪਾਪ ਕੱਟੇ ਜਾਂਦੇ ਹਨ ।੧।

(ਹੇ ਭਾਈ! ਹਰਿ-ਨਾਮ ਸੁਣਨ ਵਾਲਿਆਂ ਦੇ) ਮਨ ਦਾ ਮੂਰਖ-ਪੁਣਾ ਤੇ ਅਮੋੜ-ਪਨ ਨਾਸ ਹੋ ਜਾਂਦੇ ਹਨ, ਉਹਨਾਂ ਨੂੰ ਪਰਮਾਤਮਾ ਦੀ ਰਜ਼ਾ ਪਿਆਰੀ ਲੱਗਣ ਲੱਗ ਪੈਂਦੀ ਹੈ (ਫਿਰ ਉਹ ਉਸ ਰਜ਼ਾ ਦੇ ਅੱਗੇ ਅੜਦੇ ਨਹੀਂ, ਜਿਵੇਂ ਪਹਿਲਾਂ ਮੂਰਖਪੁਣੇ ਕਾਰਨ ਅੜਦੇ ਸਨ) ।੨।

(ਹੇ ਭਾਈ!) ਜਿਨ੍ਹਾਂ ਮਨੁੱਖਾਂ ਨੇ ਪੂਰੇ ਗੁਰੂ ਦੇ ਚਰਨ ਫੜ ਲਏ ਹਨ ਉਹਨਾਂ ਦੇ (ਪਿਛਲੇ) ਕ੍ਰੋੜਾਂ ਜਨਮਾਂ ਦੇ ਕੀਤੇ ਪਾਪ ਲਹਿ ਜਾਂਦੇ ਹਨ ।੩।

(ਹੇ ਨਾਨਕ! ਆਖ—(ਜਿਨ੍ਹਾਂ ਮਨੁੱਖਾਂ ਉਤੇ) ਪਰਮਾਤਮਾ ਨੇ (ਆਪਣੇ ਨਾਮ ਦੀ ਦਾਤਿ ਦੀ) ਮੇਹਰ ਕੀਤੀ ਉਹਨਾਂ ਦਾ ਇਹ ਕੀਮਤੀ ਮਨੁੱਖਾ ਜਨਮ ਕਾਮਯਾਬ ਹੋ ਜਾਂਦਾ ਹੈ ।੪।੧੫।੬੬।

ਆਸਾ ਮਹਲਾ ੫ ॥ ਸਤਿਗੁਰੁ ਅਪਨਾ ਸਦ ਸਦਾ ਸਮ੍ਾਰੇ ॥ ਗੁਰ ਕੇ ਚਰਨ ਕੇਸ ਸੰਗਿ ਝਾਰੇ ॥੧॥ ਜਾਗੁ ਰੇ ਮਨ ਜਾਗਨਹਾਰੇ ॥ ਬਿਨੁ ਹਰਿ ਅਵਰੁ ਨ ਆਵਸਿ ਕਾਮਾ ਝੂਠਾ ਮੋਹੁ ਮਿਥਿਆ ਪਸਾਰੇ ॥੧॥ ਰਹਾਉ ॥ ਗੁਰ ਕੀ ਬਾਣੀ ਸਿਉ ਰੰਗੁ ਲਾਇ ॥ ਗੁਰੁ ਕਿਰਪਾਲੁ ਹੋਇ ਦੁਖੁ ਜਾਇ ॥੨॥ ਗੁਰ ਬਿਨੁ ਦੂਜਾ ਨਾਹੀ ਥਾਉ ॥ ਗੁਰੁ ਦਾਤਾ ਗੁਰੁ ਦੇਵੈ ਨਾਉ ॥੩॥ ਗੁਰੁ ਪਾਰਬ੍ਰਹਮੁ ਪਰਮੇਸਰੁ ਆਪਿ ॥ ਆਠ ਪਹਰ ਨਾਨਕ ਗੁਰ ਜਾਪਿ ॥੪॥੧੬॥੬੭॥ {ਪੰਨਾ 387}

ਪਦਅਰਥ:- ਸਦ ਸਦਾ—ਸਦਾ ਸਦਾ, ਸਦਾ ਹੀ । ਸਮ੍ਾਰੇ—ਸਮ੍ਾਰਿ, ਸੰਭਾਲ, ਹਿਰਦੇ ਵਿਚ ਸਾਂਭ ਰੱਖ । ਝਾਰੇ—ਝਾਰਿ ।੧।

ਰੇ—ਹੇ! ਜਾਗਨਹਾਰੇ—ਹੇ ਜਾਗਣ ਜੋਗੇ! ਆਵਸਿ—ਆਵੇਗਾ । ਕਾਮਾ—ਕੰਮਿ । ਮਿਥਿਆ—ਨਾਸਵੰਤ ।੧।ਰਹਾਉ।

ਸਿਉ—ਨਾਲ । ਰੰਗੁ—ਪਿਆਰ । ਲਾਇ—ਜੋੜ ।੨।

ਥਾਉ—ਆਸਰਾ, ਸਹਾਰਾ । ਦੇਵੈ—ਦੇਂਦਾ ਹੈ ।੩।

ਗੁਰ ਜਾਪਿ—ਗੁਰੂ ਦਾ ਜਾਪ ਜਪ, ਗੁਰੂ ਨੂੰ ਚੇਤੇ ਰੱਖ ।੪।

ਅਰਥ:- ਹੇ ਜਾਗਣ ਜੋਗੇ ਮਨ! (ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਸੁਚੇਤ ਹੋਹੁ । ਪਰਮਾਤਮਾ ਦੇ ਨਾਮ ਤੋਂ

ਬਿਨਾ ਹੋਰ ਕੋਈ (ਪਦਾਰਥ) ਤੇਰੇ ਕੰਮ ਨਹੀਂ ਆਵੇਗਾ, (ਪਰਵਾਰ ਦਾ) ਮੋਹ ਤੇ (ਮਾਇਆ ਦਾ) ਖਿਲਾਰਾ ਇਹ ਕੋਈ ਭੀ ਸਾਥ ਨਿਬਾਹੁਣ ਵਾਲੇ ਨਹੀਂ ਹਨ ।੧।ਰਹਾਉ।

ਹੇ ਮਨ! ਆਪਣੇ ਸਤਿਗੁਰੂ ਨੂੰ ਸਦਾ ਹੀ (ਆਪਣੇ ਅੰਦਰ) ਸਾਂਭ ਰੱਖ । (ਹੇ ਭਾਈ!) ਗੁਰੂ ਦੇ ਚਰਨਾਂ ਨੂੰ ਆਪਣੇ ਕੇਸਾਂ ਨਾਲ ਝਾੜਿਆ ਕਰ (ਗੁਰੂ-ਦਰ ਤੇ ਨਿਮ੍ਰਤਾ ਨਾਲ ਪਿਆ ਰਹੁ) ।੧।

(ਹੇ ਭਾਈ!) ਸਤਿਗੁਰੂ ਦੀ ਬਾਣੀ ਨਾਲ ਪਿਆਰ ਜੋੜ । ਜਿਸ ਮਨੁੱਖ ਉਤੇ ਗੁਰੂ ਦਇਆਵਾਨ ਹੁੰਦਾ ਹੈ ਉਸ ਦਾ ਹਰੇਕ ਦੁੱਖ ਦੂਰ ਹੋ ਜਾਂਦਾ ਹੈ ।੨।

(ਹੇ ਭਾਈ!) ਗੁਰੂ ਤੋਂ ਬਿਨਾ ਹੋਰ ਕੋਈ ਥਾਂ ਨਹੀਂ (ਜਿਥੇ ਮਾਇਆ ਦੇ ਮੋਹ ਦੀ ਨੀਂਦ ਵਿਚ ਸੁੱਤੇ ਮਨ ਨੂੰ ਜਗਾਇਆ ਜਾ ਸਕੇ) । ਗੁਰੂ (ਪਰਮਾਤਮਾ ਦਾ) ਨਾਮ ਬਖ਼ਸ਼ਦਾ ਹੈ, ਗੁਰੂ ਨਾਮ ਦੀ ਦਾਤਿ ਦੇਣ-ਜੋਗਾ ਹੈ (ਨਾਮ ਦੀ ਦਾਤਿ ਦੇ ਕੇ ਸੁੱਤੇ ਮਨ ਨੂੰ ਜਗਾ ਦੇਂਦਾ ਹੈ) ।੩।

ਹੇ ਨਾਨਕ! (ਆਖ—ਹੇ ਭਾਈ!) ਅੱਠੇ ਪਹਰ (ਹਰ ਵੇਲੇ) ਗੁਰੂ ਨੂੰ ਚੇਤੇ ਰੱਖ, ਗੁਰੂ ਪਾਰਬ੍ਰਹਮ (ਦਾ ਰੂਪ) ਹੈ ਗੁਰੂ ਪਰਮੇਸਰ (ਦਾ ਰੂਪ) ਹੈ ।੪।੧੬।੬੭।

ਆਸਾ ਮਹਲਾ ੫ ॥ ਆਪੇ ਪੇਡੁ ਬਿਸਥਾਰੀ ਸਾਖ ॥ ਅਪਨੀ ਖੇਤੀ ਆਪੇ ਰਾਖ ॥੧॥ ਜਤ ਕਤ ਪੇਖਉ ਏਕੈ ਓਹੀ ॥ ਘਟ ਘਟ ਅੰਤਰਿ ਆਪੇ ਸੋਈ ॥੧॥ ਰਹਾਉ ॥ ਆਪੇ ਸੂਰੁ ਕਿਰਣਿ ਬਿਸਥਾਰੁ ॥ ਸੋਈ ਗੁਪਤੁ ਸੋਈ ਆਕਾਰੁ ॥੨॥ ਸਰਗੁਣ ਨਿਰਗੁਣ ਥਾਪੈ ਨਾਉ ॥ ਦੁਹ ਮਿਲਿ ਏਕੈ ਕੀਨੋ ਠਾਉ ॥੩॥ ਕਹੁ ਨਾਨਕ ਗੁਰਿ ਭ੍ਰਮੁ ਭਉ ਖੋਇਆ ॥ ਅਨਦ ਰੂਪੁ ਸਭੁ ਨੈਨ ਅਲੋਇਆ ॥੪॥੧੭॥੬੮॥ {ਪੰਨਾ 387}

ਪਦਅਰਥ:- ਪੇਡੁ—ਵੱਡਾ ਤਨਾ ਜੋ ਰੁੱਖ ਦੇ ਸਾਰੇ ਖਿਲਾਰ ਦਾ ਸਹਾਰਾ ਹੁੰਦਾ ਹੈ । ਬਿਸਥਾਰੀ—ਖਿਲਾਰੀਆਂ ਹੋਈਆਂ ਹਨ । ਸਾਖ—ਸ਼ਾਖ਼ਾਂ, ਟਹਿਣੀਆਂ, ਸਾਰਾ ਜਗਤ-ਪਸਾਰਾ । ਰਾਖ—ਰਾਖਾ ।੧।

ਜਤ ਕਤ—ਜਿਧਰ ਕਿਧਰ । ਪੇਖਉ—ਪੇਖਉਂ, ਮੈਂ ਵੇਖਦਾ ਹਾਂ । ਓਹੀ—ਉਹ (ਪਰਮਾਤਮਾ) ਹੀ । ਘਟ—ਸਰੀਰ । ਆਪੇ—(ਪਰਮਾਤਮਾ) ਆਪ ਹੀ ।੧।ਰਹਾਉ।

ਸੂਰੁ—ਸੂਰਜ । ਬਿਸਥਾਰੁ—ਖਿਲਾਰਾ । ਸੋਈ—ਉਹ (ਪਰਮਾਤਮਾ) ਹੀ । ਗੁਪਤੁ—ਲੁਕਿਆ ਹੋਇਆ, ਅਦ੍ਰਿਸ਼ਟ । ਆਕਾਰੁ—ਦਿੱਸਦਾ ਜਗਤ ।੨।

ਸਰਗੁਣ—ਮਾਇਆ ਦੇ ਤਿੰਨਾਂ ਗੁਣਾਂ ਵਾਲਾ ਪਸਾਰਾ । ਨਿਰਗੁਣ—ਮਾਇਆ ਦੇ ਤਿੰਨ ਗੁਣਾਂ ਤੋਂ ਨਿਰਲੇਪ । ਥਾਪੈ—ਬਣਾਂਦਾ ਹੈ । ਨਾਉ—ਨਾਮ । ਮਿਲਿ—ਮਿਲ ਕੇ । ਏਕੈ ਠਾਉ—ਇਕੋ ਹੀ ਥਾਂ ।੩।

ਗੁਰਿ—ਗੁਰੂ ਨੇ । ਭ੍ਰਮੁ—ਭਟਕਣਾ । ਅਨਦ ਰੂਪੁ—ਉਹ ਪਰਮਾਤਮਾ ਸਦਾ ਹੀ ਆਨੰਦ ਵਿਚ ਰਹਿੰਦਾ ਹੈ । ਨੈਨ—ਅੱਖਾਂ ਨਾਲ । ਅਲੋਇਆ—ਵੇਖ ਲਿਆ ।੪।

ਅਰਥ:- (ਹੇ ਭਾਈ!) ਮੈਂ ਜਿਧਰ ਕਿਧਰ ਵੇਖਦਾ ਹਾਂ ਮੈਨੂੰ ਇਕ ਪਰਮਾਤਮਾ ਹੀ ਦਿੱਸਦਾ ਹੈ, ਉਹ ਪਰਮਾਤਮਾ ਆਪ ਹੀ ਹਰੇਕ ਸਰੀਰ ਵਿਚ ਵੱਸ ਰਿਹਾ ਹੈ ।੧।ਰਹਾਉ।

(ਹੇ ਭਾਈ! ਇਹ ਜਗਤ, ਮਾਨੋ ਇਕ ਵੱਡੇ ਖਿਲਾਰ ਵਾਲਾ ਰੁੱਖ ਹੈ) ਪਰਮਾਤਮਾ ਆਪ ਹੀ (ਇਸ ਜਗਤ-ਰੁੱਖ ਨੂੰ ਸਹਾਰਾ ਦੇਣ ਵਾਲਾ) ਵੱਡਾ ਤਨਾ ਹੈ (ਜਗਤ-ਪਸਾਰਾ ਉਸ ਰੁੱਖ ਦੀਆਂ) ਸ਼ਾਖ਼ਾਂ ਦਾ ਖਿਲਾਰ ਖਿਲਰਿਆ

ਹੋਇਆ ਹੈ । (ਹੇ ਭਾਈ! ਇਹ ਜਗਤ) ਪਰਮਾਤਮਾ ਦਾ (ਬੀਜਿਆ ਹੋਇਆ) ਫ਼ਸਲ ਹੈ, ਆਪ ਹੀ ਇਸ ਫ਼ਸਲ ਦਾ ਉਹ ਰਾਖਾ ਹੈ ।੧।

(ਹੇ ਭਾਈ!) ਪਰਮਾਤਮਾ ਆਪ ਹੀ ਸੂਰਜ ਹੈ (ਤੇ ਇਹ ਜਗਤ, ਮਾਨੋ, ਉਸ ਦੀਆਂ) ਕਿਰਨਾਂ ਦਾ ਖਲਾਰਾ ਹੈ, ਉਹ ਆਪ ਹੀ ਅਦ੍ਰਿਸ਼ਟ (ਰੂਪ ਵਿਚ) ਹੈ ਤੇ ਆਪ ਹੀ ਇਹ ਦਿੱਸਦਾ ਪਸਾਰਾ ਹੈ ।੨।

(ਹੇ ਭਾਈ! ਆਪਣੇ ਅਦ੍ਰਿਸ਼ਟ ਤੇ ਦ੍ਰਿਸ਼ਟਮਾਨ ਰੂਪਾਂ ਦਾ) ਨਿਰਗੁਣ ਤੇ ਸਰਗੁਣ ਨਾਮ ਉਹ ਪ੍ਰਭੂ ਆਪ ਹੀ ਥਾਪਦਾ ਹੈ (ਦੋਹਾਂ ਵਿਚ ਫ਼ਰਕ ਨਾਮ-ਮਾਤ੍ਰ ਹੀ ਹੈ, ਕਹਿਣ ਨੂੰ ਹੀ ਹੈ), ਇਹਨਾਂ ਦੋਹਾਂ (ਰੂਪਾਂ) ਨੇ ਮਿਲ ਕੇ ਇਕ ਪਰਮਾਤਮਾ ਵਿਚ ਹੀ ਟਿਕਾਣਾ ਬਣਾਇਆ ਹੋਇਆ ਹੈ (ਇਹਨਾਂ ਦੋਹਾਂ ਦਾ ਟਿਕਾਣਾ ਪਰਮਾਤਮਾ ਆਪ ਹੀ ਹੈ) ।੩।

ਹੇ ਨਾਨਕ! ਆਖ—ਗੁਰੂ ਨੇ (ਜਿਸ ਮਨੁੱਖ ਦੇ ਅੰਦਰੋਂ ਮਾਇਆ ਵਾਲੀ) ਭਟਕਣਾ ਤੇ ਡਰ ਦੂਰ ਕਰ ਦਿੱਤਾ ਉਸ ਨੇ ਹਰ ਥਾਂ ਉਸ ਪਰਮਾਤਮਾ ਨੂੰ ਆਪਣੀ ਅੱਖੀਂ ਵੇਖ ਲਿਆ ਜੋ ਸਦਾ ਹੀ ਆਨੰਦ ਵਿਚ ਰਹਿੰਦਾ ਹੈ ।੪।੧੭।੬੮।

ਆਸਾ ਮਹਲਾ ੫ ॥ ਉਕਤਿ ਸਿਆਨਪ ਕਿਛੂ ਨ ਜਾਨਾ ॥ ਦਿਨੁ ਰੈਣਿ ਤੇਰਾ ਨਾਮੁ ਵਖਾਨਾ ॥੧॥ ਮੈ ਨਿਰਗੁਨ ਗੁਣੁ ਨਾਹੀ ਕੋਇ ॥ ਕਰਨ ਕਰਾਵਨਹਾਰ ਪ੍ਰਭ ਸੋਇ ॥੧॥ ਰਹਾਉ ॥ ਮੂਰਖ ਮੁਗਧ ਅਗਿਆਨ ਅਵੀਚਾਰੀ ॥ ਨਾਮ ਤੇਰੇ ਕੀ ਆਸ ਮਨਿ ਧਾਰੀ ॥੨॥ ਜਪੁ ਤਪੁ ਸੰਜਮੁ ਕਰਮ ਨ ਸਾਧਾ ॥ ਨਾਮੁ ਪ੍ਰਭੂ ਕਾ ਮਨਹਿ ਅਰਾਧਾ ॥੩॥ ਕਿਛੂ ਨ ਜਾਨਾ ਮਤਿ ਮੇਰੀ ਥੋਰੀ ॥ ਬਿਨਵਤਿ ਨਾਨਕ ਓਟ ਪ੍ਰਭ ਤੋਰੀ ॥੪॥੧੮॥੬੯॥ {ਪੰਨਾ 388}

ਪਦਅਰਥ:- ਉਕਤਿ—ਯੁਕਤਿ, ਦਲੀਲ । ਕਿਛੂ—ਕੁਝ ਭੀ । ਰੈਣੀ—ਰਾਤ । ਵਖਾਨਾ—ਮੈਂ ਉਚਾਰਦਾ ਹਾਂ ।੧।

ਨਿਰਗੁਨ—ਗੁਣ-ਹੀਨ । ਕਰਨਹਾਰ—(ਸਭ ਜੀਵਾਂ ਵਿਚ ਵਿਆਪਕ ਹੋ ਕੇ ਆਪ ਹੀ) ਕਰਨ ਦੀ ਤਾਕਤ ਰੱਖਣ ਵਾਲਾ । ਕਰਾਵਨਹਾਰ—(ਸਭ ਜੀਵਾਂ ਨੂੰ ਪ੍ਰੇਰ ਕੇ ਉਹਨਾਂ ਪਾਸੋਂ) ਕਰਾਣ ਦੀ ਸਮਰੱਥਾ ਵਾਲਾ । ਪ੍ਰਭ—ਹੇ ਪ੍ਰਭੂ! ।੧।ਰਹਾਉ।

ਮੁਗਧ—ਬੇ-ਵਕੂਫ਼ । ਅਗਿਆਨ—ਗਿਆਨ-ਹੀਣ । ਅਵੀਚਾਰੀ—ਬੇ-ਸਮਝ, ਵਿਚਾਰ ਦੀ ਗੱਲ ਨਾਹ ਕਰ ਸਕਣ ਵਾਲਾ । ਮਨਿ—ਮਨ ਵਿਚ ।੨।

ਸਾਧਾ—ਅੱਭਿਆਸ ਕੀਤਾ । ਮਨਹਿ—ਮਨ ਵਿਚ । ਸੰਜਮੁ—ਇੰਦ੍ਰਿਆਂ ਨੂੰ ਵਿਕਾਰਾਂ ਵਲੋਂ ਰੋਕਣ ਦਾ ਜਤਨ ।੩।

ਥੋਰੀ—ਥੋੜੀ । ਬਿਨਵਤਿ—ਬੇਨਤੀ ਕਰਦਾ ਹੈ । ਤੋਰੀ—ਤੇਰੀ ।੪।

ਅਰਥ:- ਹੇ ਪ੍ਰਭੂ! ਮੈਂ ਗੁਣ-ਹੀਣ ਹਾਂ, ਮੇਰੇ ਵਿਚ ਕੋਈ ਗੁਣ ਨਹੀਂ (ਜਿਸ ਦੇ ਆਸਰੇ ਮੈਂ ਤੈਨੂੰ ਪ੍ਰਸੰਨ ਕਰਨ ਦੀ ਆਸ ਕਰ ਸਕਾਂ, ਪਰ) ਹੇ ਪ੍ਰਭੂ ਉਹ ਤੂੰ ਹੀ ਹੈਂ ਜੋ (ਸਭ ਜੀਵਾਂ ਵਿਚ ਵਿਆਪਕ ਹੋ ਕੇ ਆਪ ਹੀ) ਸਭ ਕੁਝ ਕਰਨ ਦੀ ਤਾਕਤ ਰੱਖਦਾ ਹੈਂ ਤੇ (ਸਭ ਜੀਵਾਂ ਨੂੰ ਪ੍ਰੇਰ ਕੇ ਉਹਨਾਂ ਪਾਸੋਂ) ਕਰਾਣ ਦੀ ਸਮਰੱਥਾ ਵਾਲਾ ਹੈਂ (ਮੈਨੂੰ ਭੀ ਆਪ ਹੀ ਆਪਣੇ ਚਰਨਾਂ ਵਿਚ ਜੋੜੀ ਰੱਖ) ।੧।ਰਹਾਉ।

ਹੇ ਪ੍ਰਭੂ! ਮੈਂ ਕੋਈ ਦਲੀਲ (ਦੇਣੀ) ਨਹੀਂ ਜਾਣਦਾ ਮੈਂ ਕੋਈ ਸਿਆਣਪ (ਦੀ ਗੱਲ ਕਰਨੀ) ਨਹੀਂ ਜਾਣਦਾ (ਜਿਸ ਨਾਲ ਮੈਂ ਤੈਨੂੰ ਖ਼ੁਸ਼ ਕਰ ਸਕਾਂ, ਪਰ ਤੇਰੀ ਹੀ ਮੇਹਰ ਨਾਲ) ਮੈਂ ਦਿਨ ਰਾਤ ਤੇਰਾ (ਹੀ) ਨਾਮ ਉਚਾਰਦਾ ਹਾਂ ।੧।

ਹੇ ਪ੍ਰਭੂ! ਮੈਂ ਮੂਰਖ ਹਾਂ, ਮੈਂ ਮਤਿ-ਹੀਣ ਹਾਂ, ਮੈਂ ਗਿਆਨ-ਹੀਣ ਹਾਂ, ਮੈਂ ਬੇ-ਸਮਝ ਹਾਂ (ਪਰ ਤੂੰ ਆਪਣੇ ਬਿਰਦ ਦੀ ਲਾਜ ਰੱਖਣ ਵਾਲਾ ਹੈਂ), ਮੈਂ ਤੇਰੇ (ਬਿਰਦ-ਪਾਲ) ਨਾਮ ਦੀ ਆਸ ਮਨ ਵਿਚ ਰੱਖੀ ਹੋਈ ਹੈ (ਕਿ ਤੂੰ ਸਰਨ-ਆਏ ਦੀ ਲਾਜ ਰੱਖੇਂਗਾ) ।੨।

ਹੇ ਭਾਈ! ਮੈਂ ਕੋਈ ਜਪ ਨਹੀਂ ਕੀਤਾ, ਮੈਂ ਕੋਈ ਤਪ ਨਹੀਂ ਕੀਤਾ, ਮੈਂ ਕੋਈ ਸੰਜਮ ਨਹੀਂ ਸਾਧਿਆ (ਮੈਨੂੰ ਕਿਸੇ ਜਪ ਤਪ ਸੰਜਮ ਦਾ ਸਹਾਰਾ ਨਹੀਂ, ਮਾਣ ਨਹੀਂ) ਮੈਂ ਤਾਂ ਪਰਮਾਤਮਾ ਦਾ ਨਾਮ ਹੀ ਆਪਣੇ ਮਨ ਵਿਚ ਯਾਦ ਕਰਦਾ ਰਹਿੰਦਾ ਹਾਂ ।੩।

ਨਾਨਕ ਬੇਨਤੀ ਕਰਦਾ ਹੈ—ਹੇ ਪ੍ਰਭੂ! (ਕੋਈ ਉਕਤਿ, ਕੋਈ ਸਿਆਣਪ, ਕੋਈ ਜਪ, ਕੋਈ ਤਪ, ਕੋਈ ਸੰਜਮ) ਕੁਝ ਭੀ ਕਰਨਾ ਨਹੀਂ ਜਾਣਦਾ, ਮੇਰੀ ਅਕਲ ਬਹੁਤ ਮਾੜੀ ਜਿਹੀ ਹੈ, ਮੈਂ ਸਿਰਫ਼ ਤੇਰਾ ਹੀ ਆਸਰਾ ਲਿਆ ਹੈ ।੪।੧੮।੬੯।

ਆਸਾ ਮਹਲਾ ੫ ॥ ਹਰਿ ਹਰਿ ਅਖਰ ਦੁਇ ਇਹ ਮਾਲਾ ॥ ਜਪਤ ਜਪਤ ਭਏ ਦੀਨ ਦਇਆਲਾ ॥੧॥ ਕਰਉ ਬੇਨਤੀ ਸਤਿਗੁਰ ਅਪੁਨੀ ॥ ਕਰਿ ਕਿਰਪਾ ਰਾਖਹੁ ਸਰਣਾਈ ਮੋ ਕਉ ਦੇਹੁ ਹਰੇ ਹਰਿ ਜਪਨੀ ॥੧॥ ਰਹਾਉ ॥ ਹਰਿ ਮਾਲਾ ਉਰ ਅੰਤਰਿ ਧਾਰੈ ॥ ਜਨਮ ਮਰਣ ਕਾ ਦੂਖੁ ਨਿਵਾਰੈ ॥੨॥ ਹਿਰਦੈ ਸਮਾਲੈ ਮੁਖਿ ਹਰਿ ਹਰਿ ਬੋਲੈ ॥ ਸੋ ਜਨੁ ਇਤ ਉਤ ਕਤਹਿ ਨ ਡੋਲੈ ॥੩॥ ਕਹੁ ਨਾਨਕ ਜੋ ਰਾਚੈ ਨਾਇ ॥ ਹਰਿ ਮਾਲਾ ਤਾ ਕੈ ਸੰਗਿ ਜਾਇ ॥੪॥੧੯॥੭੦॥ {ਪੰਨਾ 388}

ਪਦਅਰਥ:- ਅਖਰ ਦੁਇ—ਦੋਵੇਂ ਲਫ਼ਜ਼ (ਹਰਿ ਹਰਿ) । ਜਪਤ—ਜਪਦਿਆਂ । ਦੀਨ—ਦੀਨਾਂ ਉਤੇ, ਕੰਗਾਲਾਂ ਉਤੇ ।੧।

ਕਰਉ—ਕਰਉਂ, ਮੈਂ ਕਰਦਾ ਹਾਂ । ਸਤਿਗੁਰ—ਹੇ ਸਤਿਗੁਰ! ਮੋ ਕਉ—ਮੈਨੂੰ । ਜਪਨੀ—ਮਾਲਾ ।੧।ਰਹਾਉ।

ਉਰ—ਹਿਰਦਾ । ਅੰਤਰਿ—ਅੰਦਰ । ਧਾਰੈ—ਟਿਕਾਈ ਰੱਖਦਾ ਹੈ । ਨਿਵਾਰੈ—ਦੂਰ ਕਰ ਲੈਂਦਾ ਹੈ ।੨।

ਸਮ੍ਾਲੇ—ਸਾਂਭ ਕੇ ਰੱਖਦਾ ਹੈ । ਮੁਖਿ—ਮੂੰਹ ਨਾਲ । ਇਤ ਉਤ—ਲੋਕ ਪਰਲੋਕ ਵਿਚ । ਕਤਹਿ—ਕਿਤੇ ਭੀ ।੩।

ਨਾਇ—ਨਾਮ ਵਿਚ । ਸੰਗਿ—ਨਾਲ ।੪।

ਅਰਥ:- ਹੇ ਸਤਿਗੁਰੂ! ਮੈਂ ਤੇਰੇ ਅੱਗੇ ਆਪਣੀ ਇਹ ਅਰਜ਼ ਕਰਦਾ ਹਾਂ ਕਿ ਕਿਰਪਾ ਕਰ ਕੇ ਮੈਨੂੰ ਆਪਣੀ ਸਰਨ ਵਿਚ ਰੱਖ ਤੇ ਮੈਨੂੰ 'ਹਰਿ ਹਰਿ' ਨਾਮ ਦੀ ਮਾਲਾ ਦੇਹ ।੧।ਰਹਾਉ।

(ਹੇ ਭਾਈ! ਮੇਰੇ ਪਾਸ ਤਾਂ) 'ਹਰਿ ਹਰਿ'—ਇਹ ਦੋ ਲਫ਼ਜ਼ਾਂ ਦੀ ਮਾਲਾ ਹੈ, ਇਸ ਹਰਿ-ਨਾਮ-ਮਾਲਾ ਨੂੰ ਜਪਦਿਆਂ ਜਪਦਿਆਂ ਕੰਗਾਲਾਂ ਉੱਤੇ ਭੀ ਪਰਮਾਤਮਾ ਦਇਆਵਾਨ ਹੋ ਜਾਂਦਾ ਹੈ ।੧।

ਜੇਹੜਾ ਮਨੁੱਖ ਹਰਿ-ਨਾਮ ਦੀ ਮਾਲਾ ਆਪਣੇ ਹਿਰਦੇ ਵਿਚ ਟਿਕਾ ਕੇ ਰੱਖਦਾ ਹੈ, ਉਹ ਆਪਣੇ ਜਨਮ ਮਰਨ ਦੇ ਗੇੜ ਦਾ ਦੁੱਖ ਦੂਰ ਕਰ ਲੈਂਦਾ ਹੈ ।੨।

ਜੇਹੜਾ ਮਨੁੱਖ ਹਰਿ-ਨਾਮ ਨੂੰ ਆਪਣੇ ਹਿਰਦੇ ਵਿਚ ਸਾਂਭ ਕੇ ਰੱਖਦਾ ਹੈ ਤੇ ਮੂੰਹ ਨਾਲ ਹਰਿ-ਹਰਿ ਨਾਮ ਉਚਾਰਦਾ ਰਹਿੰਦਾ ਹੈ ਉਹ ਨਾਹ ਇਸ ਲੋਕ ਵਿਚ ਤੇ ਨਾਹ ਪਰਲੋਕ ਵਿਚ ਕਿਤੇ ਭੀ (ਕਿਸੇ ਗੱਲੇ ਭੀ) ਨਹੀਂ ਡੋਲਦਾ ।੩।

ਹੇ ਨਾਨਕ! ਆਖ—ਜੇਹੜਾ ਮਨੁੱਖ ਪਰਮਾਤਮਾ ਦੇ ਨਾਮ ਵਿਚ ਜੁੜਿਆ ਰਹਿੰਦਾ ਹੈ ਹਰਿ-ਨਾਮ ਦੀ ਮਾਲਾ ਉਸ ਦੇ ਨਾਲ (ਪਰਲੋਕ ਵਿਚ ਭੀ) ਜਾਂਦੀ ਹੈ ।੪।੧੯।੭੦।

ਆਸਾ ਮਹਲਾ ੫ ॥ ਜਿਸ ਕਾ ਸਭੁ ਕਿਛੁ ਤਿਸ ਕਾ ਹੋਇ ॥ ਤਿਸੁ ਜਨ ਲੇਪੁ ਨ ਬਿਆਪੈ ਕੋਇ ॥੧॥ ਹਰਿ ਕਾ ਸੇਵਕੁ ਸਦ ਹੀ ਮੁਕਤਾ ॥ ਜੋ ਕਿਛੁ ਕਰੈ ਸੋਈ ਭਲ ਜਨ ਕੈ ਅਤਿ ਨਿਰਮਲ ਦਾਸ ਕੀ ਜੁਗਤਾ ॥੧॥ ਰਹਾਉ ॥ ਸਗਲ ਤਿਆਗਿ ਹਰਿ ਸਰਣੀ ਆਇਆ ॥ ਤਿਸੁ ਜਨ ਕਹਾ ਬਿਆਪੈ ਮਾਇਆ ॥੨॥ ਨਾਮੁ ਨਿਧਾਨੁ ਜਾ ਕੇ ਮਨ ਮਾਹਿ ॥ ਤਿਸ ਕਉ ਚਿੰਤਾ ਸੁਪਨੈ ਨਾਹਿ ॥੩॥ ਕਹੁ ਨਾਨਕ ਗੁਰੁ ਪੂਰਾ ਪਾਇਆ ॥ ਭਰਮੁ ਮੋਹੁ ਸਗਲ ਬਿਨਸਾਇਆ ॥੪॥੨੦॥੭੧॥ {ਪੰਨਾ 388}

ਪਦਅਰਥ:- ਜਿਸ ਕਾ—ਜਿਸ (ਪਰਮਾਤਮਾ) ਦਾ {ਲਫ਼ਜ਼ 'ਜਿਸ' ਦਾ ੁ ਸੰਬੰਧਕ 'ਕਾ' ਦੇ ਕਾਰਨ ਉੱਡ ਗਿਆ ਹੈ} । ਲੇਪੁ—ਮਾਇਆ ਦਾ ਪ੍ਰਭਾਵ । ਬਿਆਪੈ—ਜ਼ੋਰ ਪਾ ਸਕਦਾ ।੧।

ਮੁਕਤਾ—ਮਾਇਆ ਦੇ ਬੰਧਨਾਂ ਤੋਂ ਆਜ਼ਾਦ । ਭਲ—ਭਲਾ । ਜਨ ਕੈ—ਸੇਵਕ ਦੇ ਹਿਰਦੇ ਵਿਚ । ਜੁਗਤਾ—ਜੀਵਨ ਦੀ ਜੁਗਤਿ, ਜ਼ਿੰਦਗੀ ਗੁਜ਼ਾਰਨ ਦਾ ਤਰੀਕਾ ।੧।ਰਹਾਉ।

ਕਹਾ—ਕਿੱਥੇ? ਬਿਲਕੁਲ ਨਹੀਂ ।੨।

ਨਿਧਾਨੁ—ਖ਼ਜ਼ਾਨਾ । ਮਹਿ—ਵਿਚ । ਸੁਪਨੈ—ਸੁਪਨੈ ਵਿਚ ਭੀ, ਕਦੇ ਭੀ ।੩।

ਨਾਨਕ—ਹੇ ਨਾਨਕ! ਭਰਮੁ—ਮਾਇਆ ਦੀ ਭਟਕਣਾ । ਸਗਲ—ਸਾਰਾ ।੪।

ਅਰਥ:- (ਹੇ ਭਾਈ!) ਪਰਮਾਤਮਾ ਦਾ ਭਗਤ ਸਦਾ ਹੀ (ਮਾਇਆ ਦੇ ਮੋਹ ਦੇ ਬੰਧਨਾਂ ਤੋਂ) ਆਜ਼ਾਦ ਰਹਿੰਦਾ ਹੈ, ਪਰਮਾਤਮਾ ਜੋ ਕੁਝ ਕਰਦਾ ਹੈ ਸੇਵਕ ਨੂੰ ਉਹ ਸਦਾ ਭਲਾਈ ਹੀ ਭਲਾਈ ਪ੍ਰਤੀਤ ਹੁੰਦੀ ਹੈ, ਸੇਵਕ ਦੀ ਜੀਵਨ-ਰਹਿਤ ਬਹੁਤ ਹੀ ਪਵਿਤ੍ਰ ਹੁੰਦੀ ਹੈ ।੧।ਰਹਾਉ।

(ਹੇ ਭਾਈ! ਜੇਹੜਾ ਮਨੁੱਖ) ਉਸ ਪਰਮਾਤਮਾ ਦਾ (ਸੇਵਕ) ਬਣਿਆ ਰਹਿੰਦਾ ਹੈ ਜਿਸ ਦਾ ਇਹ ਸਾਰਾ ਜਗਤ ਰਚਿਆ ਹੋਇਆ ਹੈ ਉਸ ਮਨੁੱਖ ਉਤੇ ਮਾਇਆ ਦਾ ਕਿਸੇ ਤਰ੍ਹਾਂ ਦਾ ਭੀ ਪ੍ਰਭਾਵ ਨਹੀਂ ਪੈ ਸਕਦਾ ।੧।

(ਹੇ ਭਾਈ! ਜੇਹੜਾ ਮਨੁੱਖ ਹੋਰ) ਸਾਰੇ (ਆਸਰੇ) ਛੱਡ ਕੇ ਪਰਮਾਤਮਾ ਦੀ ਸਰਨ ਆ ਪੈਂਦਾ ਹੈ, ਮਾਇਆ ਉਸ ਮਨੁੱਖ ਉਤੇ ਕਦੇ ਭੀ ਆਪਣਾ ਪ੍ਰਭਾਵ ਨਹੀਂ ਪਾ ਸਕਦੀ ।੨।

(ਹੇ ਭਾਈ!) ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਦਾ ਨਾਮ-ਖ਼ਜ਼ਾਨਾ ਟਿਕਿਆ ਰਹਿੰਦਾ ਹੈ ਉਸ ਨੂੰ ਕਦੇ ਭੀ ਕੋਈ ਚਿੰਤਾ ਪੋਹ ਨਹੀਂ ਸਕਦੀ ।੩।

ਹੇ ਨਾਨਕ! ਆਖ—ਜੇਹੜਾ ਮਨੁੱਖ ਪੂਰਾ ਗੁਰੂ ਲੱਭ ਲੈਂਦਾ ਹੈ ਉਸ ਦੇ ਅੰਦਰੋਂ (ਮਾਇਆ ਦੀ ਖ਼ਾਤਰ) ਭਟਕਣਾ ਦੂਰ ਹੋ ਜਾਂਦੀ ਹੈ (ਉਸ ਦੇ ਮਨ ਵਿਚੋਂ ਮਾਇਆ ਦਾ) ਸਾਰਾ ਮੋਹ ਦੂਰ ਹੋ ਜਾਂਦਾ ਹੈ ।੪।੨੦।੭੧।

ਆਸਾ ਮਹਲਾ ੫ ॥ ਜਉ ਸੁਪ੍ਰਸੰਨ ਹੋਇਓ ਪ੍ਰਭੁ ਮੇਰਾ ॥ ਤਾਂ ਦੂਖੁ ਭਰਮੁ ਕਹੁ ਕੈਸੇ ਨੇਰਾ ॥੧॥ ਸੁਨਿ ਸੁਨਿ ਜੀਵਾ ਸੋਇ ਤੁਮ੍ਹਾਰੀ ॥ ਮੋਹਿ ਨਿਰਗੁਨ ਕਉ ਲੇਹੁ ਉਧਾਰੀ ॥੧॥ ਰਹਾਉ ॥ ਮਿਟਿ ਗਇਆ ਦੂਖੁ ਬਿਸਾਰੀ ਚਿੰਤਾ ॥ ਫਲੁ ਪਾਇਆ ਜਪਿ ਸਤਿਗੁਰ ਮੰਤਾ ॥੨॥ ਸੋਈ ਸਤਿ ਸਤਿ ਹੈ ਸੋਇ ॥ ਸਿਮਰਿ ਸਿਮਰਿ ਰਖੁ ਕੰਠਿ ਪਰੋਇ ॥੩॥ ਕਹੁ ਨਾਨਕ ਕਉਨ ਉਹ ਕਰਮਾ ॥ ਜਾ ਕੈ ਮਨਿ ਵਸਿਆ ਹਰਿ ਨਾਮਾ ॥੪॥੨੧॥੭੨॥ {ਪੰਨਾ 388}

ਪਦਅਰਥ:- ਜਉ—ਜਦੋਂ । ਸੁਪ੍ਰਸੰਨ—ਬਹੁਤ ਖ਼ੁਸ਼ । ਤਾਂ—ਤਦੋਂ । ਕਹੁ—ਦੱਸੋ । ਕੈਸੇ—ਕਿਵੇਂ? ਨੇਰਾ—ਨੇੜੇ ।੧।

ਸੁਨਿ—ਸੁਣ ਕੇ । ਜੀਵਾ—ਜੀਵਾਂ, ਮੈਂ ਜੀਊ ਪੈਂਦਾ ਹਾਂ । ਸੋਇ—ਖ਼ਬਰ, ਸੋਭਾ । ਮੋਹਿ—ਮੈਨੂੰ । ਕਉ—ਨੂੰ ।੧।ਰਹਾਉ।

ਜਪਿ—ਜਪ ਕੇ । ਮੰਤਾ—ਉਪਦੇਸ਼, ਸ਼ਬਦ ।੨।

ਸੋਈ—ਉਹ (ਪਰਮਾਤਮਾ) ਹੀ । ਸਤਿ—ਸਦਾ ਕਾਇਮ ਰਹਿਣ ਵਾਲਾ । ਕੰਠਿ—ਗਲੇ ਵਿਚ । ਪਰੋਇ—ਪ੍ਰੋ ਕੇ ।੩।

ਕਰਮਾ—(ਮਿਥਿਆ ਹੋਇਆ ਧਾਰਮਿਕ) ਕੰਮ । ਜਾ ਕੈ ਮਨਿ—ਜਿਸ ਮਨੁੱਖ ਦੇ ਮਨ ਵਿਚ ।੪।

ਅਰਥ:- (ਹੇ ਮੇਰੇ ਪ੍ਰਭੂ)! ਤੇਰੀ ਸੋਭਾ (-ਵਡਿਆਈ) ਸੁਣ ਸੁਣ ਕੇ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ । (ਹੇ ਮੇਰੇ ਪ੍ਰਭੂ! ਮੇਹਰ ਕਰ) ਮੈਨੂੰ ਗੁਣ-ਹੀਨ ਨੂੰ (ਦੁੱਖਾਂ-ਭਰਮਾਂ ਤੋਂ) ਬਚਾਈ ਰੱਖ ।੧।ਰਹਾਉ।

(ਹੇ ਭਾਈ!) ਜਦੋਂ ਮੇਰਾ ਪ੍ਰਭੂ (ਕਿਸੇ ਮਨੁੱਖ ਉਤੇ) ਬਹੁਤ ਪ੍ਰਸੰਨ ਹੁੰਦਾ ਹੈ ਤਦੋਂ ਦੱਸੋ, ਕੋਈ ਦੁਖ ਭਰਮ ਉਸ ਮਨੁੱਖ ਦੇ ਨੇੜੇ ਕਿਵੇਂ ਆ ਸਕਦਾ ਹੈ? ।੧।

(ਹੇ ਭਾਈ!) ਸਤਿਗੁਰੂ ਦੀ ਬਾਣੀ ਜਪ ਕੇ ਮੈਂ ਇਹ ਫਲ ਪ੍ਰਾਪਤ ਕਰ ਲਿਆ ਹੈ ਕਿ (ਮੇਰੇ) ਅੰਦਰੋਂ ਹਰੇਕ ਕਿਸਮ ਦਾ ਦੁਖ ਦੂਰ ਹੋ ਗਿਆ ਹੈ, ਮੈਂ (ਹਰੇਕ ਕਿਸਮ ਦੀ) ਚਿੰਤਾ ਭੁਲਾ ਦਿੱਤੀ ਹੈ ।੨।

(ਹੇ ਭਾਈ!) ਉਹ ਪਰਮਾਤਮਾ ਹੀ ਸਦਾ ਕਾਇਮ ਰਹਿਣ ਵਾਲਾ ਹੈ ਉਹ ਪਰਮਾਤਮਾ ਹੀ ਸਦਾ-ਥਿਰ ਰਹਿਣ ਵਾਲਾ ਹੈ, ਉਸ ਨੂੰ ਸਦਾ ਸਿਮਰਦਾ ਰਹੁ ਉਸ (ਦੇ ਨਾਮ) ਨੂੰ ਆਪਣੇ ਗਲੇ ਵਿਚ ਪ੍ਰੋ ਕੇ ਰੱਖ (ਜਿਵੇਂ ਫੁੱਲਾਂ ਦਾ ਹਾਰ ਪ੍ਰੋ ਕੇ ਗਲ ਵਿਚ ਪਾਈਦਾ ਹੈ) ।੩।

ਹੇ ਨਾਨਕ! ਆਖ—ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਦਾ ਨਾਮ ਆ ਵੱਸੇ, ਹੋਰ ਉਹ ਕੇਹੜਾ (ਮਿਥਿਆ ਹੋਇਆ ਧਾਰਮਿਕ) ਕੰਮ (ਰਹਿ ਜਾਂਦਾ ਹੈ ਜੇਹੜਾ ਉਸ ਨੂੰ ਕਰਨਾ ਚਾਹੀਦਾ ਹੈ) ।੪।੨੧।੭੨।

ਆਸਾ ਮਹਲਾ ੫ ॥ ਕਾਮਿ ਕ੍ਰੋਧਿ ਅਹੰਕਾਰਿ ਵਿਗੁਤੇ ॥ ਹਰਿ ਸਿਮਰਨੁ ਕਰਿ ਹਰਿ ਜਨ ਛੂਟੇ ॥੧॥ ਸੋਇ ਰਹੇ ਮਾਇਆ ਮਦ ਮਾਤੇ ॥ ਜਾਗਤ ਭਗਤ ਸਿਮਰਤ ਹਰਿ ਰਾਤੇ ॥੧॥ ਰਹਾਉ ॥ ਮੋਹ ਭਰਮਿ ਬਹੁ ਜੋਨਿ ਭਵਾਇਆ ॥ ਅਸਥਿਰੁ ਭਗਤ ਹਰਿ ਚਰਣ ਧਿਆਇਆ ॥੨॥ ਬੰਧਨ ਅੰਧ ਕੂਪ ਗ੍ਰਿਹ ਮੇਰਾ ॥ ਮੁਕਤੇ ਸੰਤ ਬੁਝਹਿ ਹਰਿ ਨੇਰਾ ॥੩॥ ਕਹੁ ਨਾਨਕ ਜੋ ਪ੍ਰਭ ਸਰਣਾਈ ॥ ਈਹਾ ਸੁਖੁ ਆਗੈ ਗਤਿ ਪਾਈ ॥੪॥੨੨॥੭੩॥ {ਪੰਨਾ 388}

ਪਦਅਰਥ:- ਕਾਮਿ—ਕਾਮ ਵਿਚ । ਕ੍ਰੋਧਿ—ਕ੍ਰੋਧ ਵਿਚ । ਅਹੰਕਾਰਿ—ਅਹੰਕਾਰ ਵਿਚ । ਵਿਗੁਤੇ—ਖ਼ੁਆਰ ਹੁੰਦੇ ਹਨ । ਛੂਟੇ—ਬਚ ਜਾਂਦੇ ਹਨ ।੧।

ਮਾਤੇ—ਮਸਤ, ਹੋਏ । ਮਦ—ਨਸ਼ਾ । ਰਾਤੇ—ਰੱਤੇ ਹੋਏ, ਰੰਗੇ ਹੋਏ ।੧।ਰਹਾਉ।

ਭਰਮਿ—ਭਟਕਣਾ ਵਿਚ । ਅਸਥਿਰੁ—ਟਿਕਿਆ ਹੋਇਆ, ਜਨਮ ਮਰਨ ਦੇ ਗੇੜ ਤੋਂ ਬਚਿਆ ਹੋਇਆ ।੨।

ਅੰਧ ਕੂਪ—ਅੰਨ੍ਹਾ ਖੂਹ । ਮੁਕਤੇ—ਸੁਤੰਤਰ, ਆਜ਼ਾਦ । ਨੇਰਾ—ਨੇੜੇ ।੩।

ਨਾਨਕ—ਹੇ ਨਾਨਕ! ਈਹਾ—ਇਸ ਲੋਕ ਵਿਚ । ਗਤਿ—ਉੱਚੀ ਆਤਮਕ ਅਵਸਥਾ ।੪।

ਅਰਥ:- (ਹੇ ਭਾਈ! ਮਾਇਆ ਵੇੜ੍ਹੇ ਜੀਵ) ਮਾਇਆ ਦੇ ਨਸ਼ੇ ਵਿਚ ਮਸਤ ਹੋ ਕੇ (ਆਤਮਕ ਜੀਵਨ ਵਲੋਂ) ਸੁੱਤੇ ਰਹਿੰਦੇ ਹਨ (ਬੇ-ਪਰਵਾਹ ਟਿਕੇ ਰਹਿੰਦੇ ਹਨ) । ਪਰ ਪਰਮਾਤਮਾ ਦੀ ਭਗਤੀ ਕਰਨ ਵਾਲੇ ਮਨੁੱਖ ਪ੍ਰਭੂ-ਨਾਮ ਦਾ ਸਿਮਰਨ ਕਰਦੇ ਹੋਏ (ਹਰਿ-ਨਾਮ-ਰੰਗ ਵਿਚ) ਰੰਗੀਜ ਕੇ (ਮਾਇਆ ਦੇ ਹੱਲਿਆਂ ਵੱਲੋਂ) ਸੁਚੇਤ ਰਹਿੰਦੇ ਹਨ ।੧।ਰਹਾਉ।

(ਹੇ ਭਾਈ! ਮਾਇਆ-ਗ੍ਰਸੇ ਜੀਵ) ਕਾਮ ਵਿਚ, ਕ੍ਰੋਧ ਵਿਚ, ਅਹੰਕਾਰ ਵਿਚ (ਫਸ ਕੇ) ਖ਼ੁਆਰ ਹੁੰਦੇ ਰਹਿੰਦੇ ਹਨ । ਪਰਮਾਤਮਾ ਦੇ ਸੇਵਕ ਪਰਮਾਤਮਾ ਦੇ ਨਾਮ ਦਾ ਸਿਮਰਨ ਕਰ ਕੇ (ਕਾਮ ਕ੍ਰੋਧ ਅਹੰਕਾਰ ਆਦਿਕ ਤੋਂ) ਬਚੇ ਰਹਿੰਦੇ ਹਨ ।੧।

(ਹੇ ਭਾਈ! ਮਾਇਆ ਦੇ) ਮੋਹ ਦੀ ਭਟਕਣਾ ਵਿਚ ਪੈ ਕੇ ਮਨੁੱਖ ਅਨੇਕਾਂ ਜੂਨਾਂ ਵਿਚ ਭਵਾਏ ਜਾਂਦੇ ਹਨ ਪਰ ਭਗਤ ਜਨ ਪਰਮਾਤਮਾ ਦੇ ਚਰਨਾਂ ਦਾ ਧਿਆਨ ਧਰਦੇ ਹਨ ਉਹ (ਜਨਮ ਮਰਨ ਦੇ ਗੇੜ ਵਲੋਂ) ਅਡੋਲ ਰਹਿੰਦੇ ਹਨ ।੨।

(ਹੇ ਭਾਈ!) ਇਹ ਘਰ ਮੇਰਾ ਹੈ, ਇਹ ਘਰ ਮੇਰਾ ਹੈ—ਇਸ ਮੋਹ ਦੇ ਅੰਨ੍ਹੇ ਖੂਹ ਦੇ ਬੰਧਨਾਂ ਤੋਂ ਉਹ ਸੰਤ ਜਨ ਆਜ਼ਾਦ ਰਹਿੰਦੇ ਹਨ ਜੇਹੜੇ ਪਰਮਾਤਮਾ ਨੂੰ (ਹਰ ਵੇਲੇ) ਆਪਣੇ ਨੇੜੇ ਵੱਸਦਾ ਸਮਝਦੇ ਹਨ ।੩।

ਹੇ ਨਾਨਕ! ਆਖ—ਜੇਹੜਾ ਮਨੁੱਖ ਪਰਮਾਤਮਾ ਦੀ ਸਰਨ ਪਿਆ ਰਹਿੰਦਾ ਹੈ ਉਹ ਇਸ ਲੋਕ ਵਿਚ ਆਤਮਕ ਆਨੰਦ ਮਾਣਦਾ ਹੈ, ਪਰਲੋਕ ਵਿਚ ਭੀ ਉਹ ਉੱਚੀ ਆਤਮਕ ਅਵਸਥਾ ਹਾਸਲ ਕਰੀ ਰੱਖਦਾ ਹੈ ।੪।੨੨।੭੩।

ਆਸਾ ਮਹਲਾ ੫ ॥ ਤੂ ਮੇਰਾ ਤਰੰਗੁ ਹਮ ਮੀਨ ਤੁਮਾਰੇ ॥ ਤੂ ਮੇਰਾ ਠਾਕੁਰੁ ਹਮ ਤੇਰੈ ਦੁਆਰੇ ॥੧॥ ਤੂੰ ਮੇਰਾ ਕਰਤਾ ਹਉ ਸੇਵਕੁ ਤੇਰਾ ॥ ਸਰਣਿ ਗਹੀ ਪ੍ਰਭ ਗੁਨੀ ਗਹੇਰਾ ॥੧॥ ਰਹਾਉ ॥ ਤੂ ਮੇਰਾ ਜੀਵਨੁ ਤੂ ਆਧਾਰੁ ॥ ਤੁਝਹਿ ਪੇਖਿ ਬਿਗਸੈ ਕਉਲਾਰੁ ॥੨॥ ਤੂ ਮੇਰੀ ਗਤਿ ਪਤਿ ਤੂ ਪਰਵਾਨੁ ॥ ਤੂ ਸਮਰਥੁ ਮੈ ਤੇਰਾ ਤਾਣੁ ॥੩॥ ਅਨਦਿਨੁ ਜਪਉ ਨਾਮ ਗੁਣਤਾਸਿ ॥ ਨਾਨਕ ਕੀ ਪ੍ਰਭ ਪਹਿ ਅਰਦਾਸਿ ॥੪॥੨੩॥੭੪॥ {ਪੰਨਾ 389}

ਪਦਅਰਥ:- ਤਰੰਗੁ—ਪਾਣੀ ਦੀ ਲਹਿਰ, ਪਾਣੀ, ਦਰਿਆ । ਮੀਨ—ਮੱਛੀ । ਠਾਕੁਰੁ—ਮਾਲਕ । ਤੇਰੈ ਦੁਆਰੇ—ਤੇਰੇ ਦਰ ਤੇ ।੧।

ਕਰਤਾ—ਪੈਦਾ ਕਰਨ ਵਾਲਾ । ਹਉ—ਮੈਂ । ਗਹੀ—ਫੜੀ । ਪ੍ਰਭੂ—ਹੇ ਪ੍ਰਭੂ! ਗੁਨੀ ਗਹੇਰਾ—ਗੁਣਾਂ ਦਾ ਡੂੰਘਾ ਸਮੁੰਦਰ ।੧।ਰਹਾਉ।

ਆਧਾਰੁ—ਆਸਰਾ । ਪੇਖਿ—ਵੇਖ ਕੇ । ਕਉਲਾਰੁ—ਕੌਲ-ਫੁੱਲ । ਬਿਗਸੈ—ਖਿੜਦਾ ਹੈ ।੨।

ਗਤਿ—ਉੱਚੀ ਆਤਮਕ ਅਵਸਥਾ । ਪਤਿ—ਇੱਜ਼ਤ । ਪਰਵਾਨੁ—ਕਬੂਲ । ਸਮਰਥੁ—ਤਾਕਤਾਂ ਦਾ ਮਾਲਕ ।੩।

ਅਨਦਿਨੁ—ਹਰ ਰੋਜ਼ । ਜਪਉ—ਮੈਂ ਜਪਾਂ, ਜਪਉਂ । ਗੁਣਤਾਸਿ—ਹੇ ਗੁਣਾਂ ਦੇ ਖ਼ਜ਼ਾਨੇ! ਪਹਿ—ਪਾਸ ।੪।

ਅਰਥ:- ਹੇ ਪ੍ਰਭੂ! ਤੂੰ ਮੇਰਾ ਪੈਦਾ ਕਰਨ ਵਾਲਾ ਹੈਂ, ਮੈਂ ਤੇਰਾ ਦਾਸ ਹਾਂ । ਹੇ ਸਾਰੇ ਗੁਣਾਂ ਦੇ ਡੂੰਘੇ ਸਮੁੰਦਰ ਪ੍ਰਭੂ! ਮੈਂ ਤੇਰੀ ਸਰਨ ਫੜੀ ਹੈ ।੧।ਰਹਾਉ।

ਹੇ ਮਾਲਕ-ਪ੍ਰਭੂ! ਤੂੰ ਮੇਰਾ ਦਰੀਆ ਹੈਂ! ਮੈਂ ਤੇਰੀ ਮੱਛੀ ਹਾਂ (ਮੱਛੀ ਵਾਂਗ ਮੈਂ ਜਿਤਨਾ ਚਿਰ ਤੇਰੇ ਵਿਚ ਟਿਕਿਆ ਰਹਿੰਦਾ ਹਾਂ ਉਤਨਾ ਚਿਰ ਮੈਨੂੰ ਆਤਮਕ ਜੀਵਨ ਮਿਲਿਆ ਰਹਿੰਦਾ ਹੈ) । ਹੇ ਪ੍ਰਭੂ! ਤੂੰ ਮੇਰਾ ਮਾਲਕ ਹੈਂ, ਮੈਂ ਤੇਰੇ ਦਰ ਤੇ (ਆ ਡਿੱਗਾ) ਹਾਂ ।੧।

ਹੇ ਪ੍ਰਭੂ! ਤੂੰ ਹੀ ਮੇਰੀ ਜ਼ਿੰਦਗੀ (ਦਾ ਮੂਲ) ਹੈਂ ਤੂੰ ਹੀ ਮੇਰਾ ਆਸਰਾ ਹੈਂ, ਤੈਨੂੰ ਵੇਖ ਕੇ (ਮੇਰਾ ਹਿਰਦਾ ਇਉਂ) ਖਿੜਦਾ ਹੈ (ਜਿਵੇਂ) ਕੌਲ-ਫੁੱਲ (ਸੂਰਜ ਨੂੰ ਵੇਖ ਕੇ ਖਿੜਦਾ ਹੈ) ।੨।

ਹੇ ਪ੍ਰਭੂ! ਤੂੰ ਹੀ ਮੇਰੀ ਉੱਚੀ ਆਤਮਕ ਅਵਸਥਾ ਤੇ (ਲੋਕ ਪਰਲੋਕ ਦੀ) ਇੱਜ਼ਤ (ਦਾ ਰਾਖਾ) ਹੈਂ, (ਜੋ ਕੁਝ) ਤੂੰ (ਕਰਦਾ ਹੈਂ ਉਹ) ਮੈਂ ਖਿੜੇ-ਮੱਥੇ ਮੰਨਦਾ ਹਾਂ । ਤੂੰ ਹਰੇਕ ਤਾਕਤ ਦਾ ਮਾਲਕ ਹੈਂ, ਮੈਨੂੰ ਤੇਰਾ ਹੀ ਸਹਾਰਾ ਹੈ ।੩।

ਹੇ ਪ੍ਰਭੂ! ਹੇ ਗੁਣਾਂ ਦੇ ਖ਼ਜ਼ਾਨੇ! ਨਾਨਕ ਦੀ ਤੇਰੇ ਪਾਸ ਇਹ ਬੇਨਤੀ ਹੈ (—ਮੇਹਰ ਕਰ) ਮੈਂ ਸਦਾ ਹਰ ਵੇਲੇ ਤੇਰਾ ਨਾਮ ਹੀ ਜਪਦਾ ਰਹਾਂ ।੪।੨੩।੭੪।

ਆਸਾ ਮਹਲਾ ੫ ॥ ਰੋਵਨਹਾਰੈ ਝੂਠੁ ਕਮਾਨਾ ॥ ਹਸਿ ਹਸਿ ਸੋਗੁ ਕਰਤ ਬੇਗਾਨਾ ॥੧॥ ਕੋ ਮੂਆ ਕਾ ਕੈ ਘਰਿ ਗਾਵਨੁ ॥ ਕੋ ਰੋਵੈ ਕੋ ਹਸਿ ਹਸਿ ਪਾਵਨੁ ॥੧॥ ਰਹਾਉ ॥ ਬਾਲ ਬਿਵਸਥਾ ਤੇ ਬਿਰਧਾਨਾ ॥ ਪਹੁਚਿ ਨ ਮੂਕਾ ਫਿਰਿ ਪਛੁਤਾਨਾ ॥੨॥ ਤ੍ਰਿਹੁ ਗੁਣ ਮਹਿ ਵਰਤੈ ਸੰਸਾਰਾ ॥ ਨਰਕ ਸੁਰਗ ਫਿਰਿ ਫਿਰਿ ਅਉਤਾਰਾ ॥੩॥ ਕਹੁ ਨਾਨਕ ਜੋ ਲਾਇਆ ਨਾਮ ॥ ਸਫਲ ਜਨਮੁ ਤਾ ਕਾ ਪਰਵਾਨ ॥੪॥੨੪॥੭੫॥ {ਪੰਨਾ 389}

ਪਦਅਰਥ:- ਰੋਵਨਹਾਰੈ—ਰੋਣ ਵਾਲੇ ਨੇ । ਝੂਠੁ ਕਮਾਨਾ—ਝੂਠ-ਮੂਠ ਹੀ ਰੋਣ ਦਾ ਕੰਮ ਕੀਤਾ, ਝੂਠਾ ਰੋਂਦਾ ਹੈ, ਆਪਣੇ ਸੁਆਰਥ ਦੀ ਖ਼ਾਤਰ ਰੋਂਦਾ ਹੈ । ਹਸਿ—ਹੱਸ ਕੇ । ਸੋਗੁ—(ਕਿਸੇ ਦੀ ਮੌਤ ਉੱਤੇ) ਅਫ਼ਸੋਸ । ਬੇਗਾਨਾ—ਓਪਰਾ ਮਨੁੱਖ ।੧।

ਕੋ—ਕੋਈ ਮਨੁਖ । ਮੂਆ—ਮਰਿਆ, ਮਰਦਾ ਹੈ । ਕਾ ਕੈ ਘਰਿ—ਕਿਸੇ ਦਾ ਘਰ ਵਿਚ । ਗਾਵਨੁ—ਗਾਉਣਾ, ਖ਼ੁਸ਼ੀ ਆਦਿਕ ਦੇ ਕਾਰਨ ਗਾਉਣਾ । ਹਸਿ ਹਸਿ ਪਾਵਨੁ—ਹੱਸ ਹੱਸ ਪੈਂਦਾ ਹੈ ।੧।ਰਹਾਉ।

ਤੇ—ਤੋਂ (ਸ਼ੁਰੂ ਕਰ ਕੇ) । ਪਹੁਚਿ ਨ ਮੂਕਾ—ਅਜੇ ਪਹੁੰਚਾ ਭੀ ਨਹੀਂ, ਅਜੇ ਮਸਾਂ ਪਹੁੰਚਦਾ ਹੀ ਹੈ ।੨।

ਵਰਤੈ—ਦੌੜ-ਭੱਜ ਕਰ ਰਿਹਾ ਹੈ । ਫਿਰਿ ਫਿਰਿ—ਮੁੜ ਮੁੜ । ਅਉਤਾਰਾ—ਜਨਮ ।੩।

ਜੋ—ਜਿਸ ਮਨੁੱਖ ਨੂੰ । ਸਫਲ—ਕਾਮਯਾਬ । ਪਰਵਾਨ—ਕਬੂਲ ।੪।

ਅਰਥ:- (ਹੇ ਭਾਈ!) ਜਗਤ ਵਿਚ ਸੁਖ ਦੁਖ ਦਾ ਚੱਕਰ ਚਲਦਾ ਹੀ ਰਹਿੰਦਾ ਹੈ, ਜਿੱਥੇ ਕੋਈ ਮਰਦਾ ਹੈ (ਉੱਥੇ ਰੋਣ-ਪਿੱਟਣ ਹੋ ਰਿਹਾ ਹੈ), ਤੇ ਕਿਸੇ ਦੇ ਘਰ ਵਿਚ (ਕਿਸੇ ਖ਼ੁਸ਼ੀ ਆਦਿਕ ਦੇ ਕਾਰਨ) ਗਾਉਣ ਹੋ ਰਿਹਾ ਹੈ । ਕੋਈ ਰੋਂਦਾ ਹੈ ਕੋਈ ਹੱਸ ਹੱਸ ਪੈਂਦਾ ਹੈ ।੧।ਰਹਾਉ।

(ਹੇ ਭਾਈ! ਜਿੱਥੇ ਕੋਈ ਮਰਦਾ ਹੈ ਤੇ ਉਸ ਨੂੰ ਕੋਈ ਸੰਬੰਧੀ ਰੋਂਦਾ ਹੈ ਉਹ) ਰੋਣ ਵਾਲਾ ਭੀ (ਆਪਣੇ ਦੁੱਖਾਂ ਨੂੰ ਰੋਂਦਾ ਹੈ ਤੇ ਇਸ ਤਰ੍ਹਾਂ) ਝੂਠਾ ਰੋਣ ਹੀ ਰੋਂਦਾ ਹੈ । ਜੇਹੜਾ ਕੋਈ ਓਪਰਾ ਮਨੁੱਖ (ਉਸ ਦੇ ਮਰਨ ਤੇ ਅਫ਼ਸੋਸ ਕਰਨ ਆਉਂਦਾ ਹੈ ਉਹ) ਹੱਸ ਹੱਸ ਕੇ ਅਫ਼ਸੋਸ ਕਰਦਾ ਹੈ ।੧।

ਬਾਲ ਉਮਰ ਤੋਂ ਲੈ ਕੇ ਬੁੱਢਾ ਹੋਣ ਤਕ (ਮਨੁੱਖ ਅਗਾਂਹ ਅਗਾਂਹ ਆਉਣ ਵਾਲੀ ਉਮਰ ਵਿਚ ਸੁਖ ਦੀ ਆਸ ਧਾਰਦਾ ਹੈ, ਪਰ ਅਗਲੀ ਅਵਸਥਾ ਤੇ) ਮਸਾਂ ਪਹੁੰਚਦਾ ਹੀ ਹੈ (ਕਿ ਉਥੇ ਹੀ ਦੁੱਖ ਭੀ ਵੇਖ ਕੇ ਸੁਖ ਦੀ ਆਸ ਲਾਹ ਬੈਠਦਾ ਹੈ, ਤੇ) ਫਿਰ ਪਛਤਾਂਦਾ ਹੈ (ਕਿ ਆਸਾਂ ਐਵੇਂ ਹੀ ਬਣਾਂਦਾ ਰਿਹਾ) ।੨।

(ਹੇ ਭਾਈ!) ਜਗਤ ਮਾਇਆ ਦੇ ਤਿੰਨ ਗੁਣਾਂ ਦੇ ਪ੍ਰਭਾਵ ਵਿਚ ਹੀ ਦੌੜ-ਭੱਜ ਕਰ ਰਿਹਾ ਹੈ ਤੇ ਮੁੜ ਮੁੜ (ਕਦੇ) ਨਰਕਾਂ (ਦੁੱਖਾਂ) ਵਿਚ (ਕਦੇ) ਸੁਰਗ (ਸੁਖਾਂ) ਵਿਚ ਪੈਂਦਾ ਹੈ (ਕਦੇ ਸੁਖ ਮਾਣਦਾ ਹੈ ਕਦੇ ਦੁੱਖ ਭੋਗਦਾ ਹੈ) ।੩।

ਹੇ ਨਾਨਕ! ਆਖ—ਜਿਸ ਮਨੁੱਖ ਨੂੰ ਪਰਮਾਤਮਾ ਆਪਣੇ ਨਾਮ ਵਿਚ ਜੋੜਦਾ ਹੈ ਉਸ ਦਾ ਮਨੁੱਖਾ ਜਨਮ ਕਾਮਯਾਬ ਹੋ ਜਾਂਦਾ ਹੈ (ਪਰਮਾਤਮਾ ਦੀਆਂ ਨਜ਼ਰਾਂ ਵਿਚ) ਕਬੂਲ ਹੋ ਜਾਂਦਾ ਹੈ ।੪।੨੪।੭੫।

ਆਸਾ ਮਹਲਾ ੫ ॥ ਸੋਇ ਰਹੀ ਪ੍ਰਭ ਖਬਰਿ ਨ ਜਾਨੀ ॥ ਭੋਰੁ ਭਇਆ ਬਹੁਰਿ ਪਛੁਤਾਨੀ ॥੧॥ ਪ੍ਰਿਅ ਪ੍ਰੇਮ ਸਹਜਿ ਮਨਿ ਅਨਦੁ ਧਰਉ ਰੀ ॥ ਪ੍ਰਭ ਮਿਲਬੇ ਕੀ ਲਾਲਸਾ ਤਾ ਤੇ ਆਲਸੁ ਕਹਾ ਕਰਉ ਰੀ ॥੧॥ ਰਹਾਉ ॥ ਕਰ ਮਹਿ ਅੰਮ੍ਰਿਤੁ ਆਣਿ ਨਿਸਾਰਿਓ ॥ ਖਿਸਰਿ ਗਇਓ ਭੂਮ ਪਰਿ ਡਾਰਿਓ ॥੨॥ ਸਾਦਿ ਮੋਹਿ ਲਾਦੀ ਅਹੰਕਾਰੇ ॥ ਦੋਸੁ ਨਾਹੀ ਪ੍ਰਭ ਕਰਣੈਹਾਰੇ ॥੩॥ ਸਾਧਸੰਗਿ ਮਿਟੇ ਭਰਮ ਅੰਧਾਰੇ ॥ ਨਾਨਕ ਮੇਲੀ ਸਿਰਜਣਹਾਰੇ ॥੪॥੨੫॥੭੬॥ {ਪੰਨਾ 389}

ਪਦਅਰਥ:- ਸੋਇ ਰਹੀ—(ਉਮਰ ਦੀ ਸਾਰੀ ਰਾਤ) ਸੁੱਤੀ ਰਹੀ, ਸਾਰੀ ਉਮਰ ਆਤਮਕ ਜੀਵਨ ਵਲੋਂ ਬੇ-ਪਰਵਾਹੀ ਟਿਕੀ ਰਹੀ । ਭੋਰੁ—ਦਿਨ, ਉਮਰ-ਰਾਤ ਦਾ ਅੰਤ, ਮੌਤ ਦਾ ਸਮਾ । ਬਹੁਰਿ—ਮੁੜ, ਫਿਰ, ਤਦੋਂ ।੧।

ਸਹਜਿ—ਆਤਮਕ ਅਡੋਲਤਾ ਵਿਚ । ਪ੍ਰਿਅ ਪ੍ਰੇਮ—ਪਿਆਰੇ ਦੇ ਪ੍ਰੇਮ (ਦੀ ਬਰਕਤਿ ਨਾਲ) । ਮਨਿ—ਮਨ ਵਿਚ । ਅਨਦੁ—ਆਨੰਦ । ਧਰਉ—ਧਰਉਂ, ਮੈਂ ਟਿਕਾਈ ਰੱਖਦੀ ਹਾਂ । ਰੀ—ਹੇ ਸਖੀ! ਮਿਲਬੇ ਕੀ—ਮਿਲਣ ਦੀ । ਲਾਲਸਾ—ਤਾਂਘ । ਤਾ ਤੇ—ਇਸ ਕਰਕੇ । ਕਹਾ ਕਰਉ—ਮੈਂ ਕਿਥੇ ਕਰ ਸਕਦੀ ਹਾਂ? ।੧।ਰਹਾਉ।

ਕਰ ਮਹਿ—ਹੱਥਾਂ ਵਿਚ । ਆਣਿ—ਲਿਆ ਕੇ । ਨਿਸਾਰਿਓ—ਪਾ ਦਿੱਤਾ, ਵਗਾ ਦਿੱਤਾ । ਖਿਸਰਿ ਗਇਓ—ਡੁੱਲ੍ਹ ਗਿਆ । ਭੂਮ ਪਰਿ—ਧਰਤੀ ਉਤੇ, ਮਿੱਟੀ ਵਿਚ ।੨।

ਸਾਦਿ—ਸੁਆਦ ਵਿਚ । ਮੋਹਿ—ਮੋਹ ਵਿਚ, ਮੋਹ ਦੇ ਭਾਰ ਹੇਠ । ਲਾਦੀ—ਲੱਦੀ ਰਹੀ, ਦੱਬੀ ਰਹੀ । ਅਹੰਕਾਰੇ—ਅਹੰਕਾਰਿ, ਅਹੰਕਾਰ ਦੇ ਭਾਰ ਹੇਠ ।੩।

ਸਾਧ ਸੰਗਿ—ਸਾਧ ਸੰਗਤਿ ਵਿਚ । ਅੰਧਾਰੇ—ਹਨੇਰੇ । ਸਿਰਜਣਹਾਰੇ—ਸਿਰਜਣ-ਹਾਰਿ, ਸਿਰਜਣਹਾਰ ਨੇ

।੪।

ਅਰਥ:- ਹੇ ਸਖੀ! ਪਿਆਰੇ (ਪ੍ਰਭੂ) ਦੇ ਪ੍ਰੇਮ ਦੀ ਬਰਕਤਿ ਨਾਲ ਆਤਮਕ ਅਡੋਲਤਾ ਵਿਚ ਟਿਕ ਕੇ ਮੈਂ ਆਪਣੇ ਮਨ ਵਿਚ (ਉਸ ਦੇ ਦਰਸਨ ਦੀ ਤਾਂਘ ਦਾ) ਆਨੰਦ ਟਿਕਾਈ ਰੱਖਦੀ ਹਾਂ । ਹੇ ਸਖੀ! (ਮੇਰੇ ਅੰਦਰ ਹਰ ਵੇਲੇ) ਪ੍ਰਭੂ ਦੇ ਮਿਲਾਪ ਦੀ ਤਾਂਘ ਬਣੀ ਰਹਿੰਦੀ ਹੈ, ਇਸ ਵਾਸਤੇ (ਉਸ ਨੂੰ ਯਾਦ ਰੱਖਣ ਵਲੋਂ) ਮੈਂ ਕਦੇ ਭੀ ਆਲਸ ਨਹੀਂ ਕਰ ਸਕਦੀ ।੧।ਰਹਾਉ।

ਹੇ ਸਖੀ! (ਜੇਹੜੀ ਜੀਵ-ਇਸਤ੍ਰੀ ਮਾਇਆ ਦੇ ਮੋਹ ਦੀ ਨੀਂਦ ਵਿਚ) ਸੁੱਤੀ ਰਹਿੰਦੀ ਹੈ (ਆਤਮਕ ਜੀਵਨ ਵਲੋਂ ਬੇ-ਪਰਵਾਹ ਟਿਕੀ ਰਹਿੰਦੀ ਹੈ) ਉਹ ਪ੍ਰਭੂ (ਦੇ ਮਿਲਾਪ) ਦੀ ਕਿਸੇ ਸਿੱਖਿਆ ਨੂੰ ਨਹੀਂ ਸਮਝਦੀ । ਪਰ ਜਦੋਂ ਦਿਨ ਚੜ੍ਹ ਆਉਂਦਾ ਹੈ (ਜ਼ਿੰਦਗੀ ਦੀ ਰਾਤ ਮੁੱਕ ਕੇ ਮੌਤ ਦਾ ਸਮਾ ਆ ਜਾਂਦਾ ਹੈ) ਤਦੋਂ ਉਹ ਪਛੁਤਾਂਦੀ ਹੈ ।੧।

ਹੇ ਸਖੀ! (ਮਨੁੱਖਾ ਜਨਮ ਦੇ ਕੇ ਪਰਮਾਤਮਾ ਨੇ) ਸਾਡੇ ਹੱਥਾਂ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਲਿਆ ਕੇ ਪਾਇਆ ਸੀ (ਸਾਨੂੰ ਨਾਮ-ਅੰਮ੍ਰਿਤ ਪੀਣ ਦਾ ਮੌਕਾ ਦਿੱਤਾ ਸੀ । ਪਰ ਜੇਹੜੀ ਜੀਵ-ਇਸਤ੍ਰੀ ਸਾਰੀ ਉਮਰ ਮੋਹ ਦੀ ਨੀਂਦ ਵਿਚ ਸੁੱਤੀ ਰਹਿੰਦੀ ਹੈ, ਉਸ ਦੇ ਹੱਥਾਂ ਵਿਚ ਉਹ ਅੰਮ੍ਰਿਤ) ਤਿਲਕ ਜਾਂਦਾ ਹੈ ਤੇ ਮਿੱਟੀ ਵਿਚ ਜਾ ਰਲਦਾ ਹੈ ।੨।

ਹੇ ਸਖੀ! (ਜੀਵ-ਇਸਤ੍ਰੀ ਦੀ ਇਸ ਮੰਦ-ਭਾਗਤਾ ਬਾਰੇ) ਸਿਰਜਣਹਾਰ ਪ੍ਰਭੂ ਨੂੰ ਕੋਈ ਦੋਸ਼ ਨਹੀਂ ਦਿੱਤਾ ਜਾ ਸਕਦਾ, (ਜੀਵ-ਇਸਤ੍ਰੀ ਆਪ ਹੀ) ਪਦਾਰਥਾਂ ਦੇ ਸੁਆਦ ਵਿਚ ਮਾਇਆ ਦੇ ਮੋਹ ਵਿਚ, ਅਹੰਕਾਰ ਵਿਚ ਦੱਬੀ ਰਹਿੰਦੀ ਹੈ ।੩।

ਹੇ ਨਾਨਕ! ਸਾਧ ਸੰਗਤਿ ਵਿਚ ਆ ਕੇ (ਜਿਸ ਜੀਵ-ਇਸਤ੍ਰੀ ਦੇ ਅੰਦਰੋਂ) ਮਾਇਆ ਦੀ ਭਟਕਣ ਦੇ ਹਨੇਰੇ ਮਿਟ ਜਾਂਦੇ ਹਨ, ਸਿਰਜਣਹਾਰ ਪ੍ਰਭੂ (ਉਸ ਨੂੰ ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈ ।੪।੨੫।੭੬।

ਆਸਾ ਮਹਲਾ ੫ ॥ ਚਰਨ ਕਮਲ ਕੀ ਆਸ ਪਿਆਰੇ ॥ ਜਮਕੰਕਰ ਨਸਿ ਗਏ ਵਿਚਾਰੇ ॥੧॥ ਤੂ ਚਿਤਿ ਆਵਹਿ ਤੇਰੀ ਮਇਆ ॥ ਸਿਮਰਤ ਨਾਮ ਸਗਲ ਰੋਗ ਖਇਆ ॥੧॥ ਰਹਾਉ ॥ ਅਨਿਕ ਦੂਖ ਦੇਵਹਿ ਅਵਰਾ ਕਉ ॥ ਪਹੁਚਿ ਨ ਸਾਕਹਿ ਜਨ ਤੇਰੇ ਕਉ ॥੨॥ ਦਰਸ ਤੇਰੇ ਕੀ ਪਿਆਸ ਮਨਿ ਲਾਗੀ ॥ ਸਹਜ ਅਨੰਦ ਬਸੈ ਬੈਰਾਗੀ ॥੩॥ ਨਾਨਕ ਕੀ ਅਰਦਾਸਿ ਸੁਣੀਜੈ ॥ ਕੇਵਲ ਨਾਮੁ ਰਿਦੇ ਮਹਿ ਦੀਜੈ ॥੪॥੨੬॥੭੭॥ {ਪੰਨਾ 389}

ਪਦਅਰਥ:- ਚਰਨ ਕਮਲ—ਕੌਲ-ਫੁੱਲਾਂ ਵਰਗੇ ਸੋਹਣੇ ਚਰਨ । ਪਿਆਰੇ—ਹੇ ਪਿਆਰੇ! ਕੰਕਰ—{ikMkr} ਸੇਵਕ । ਜਮ ਕੰਕਰ—ਜਮ-ਦੂਤ । ਵਿਚਾਰੇ—ਨਿਮਾਣੇ, ਬੇ-ਵੱਸ ਜਿਹੇ, ਆਪਣਾ ਜ਼ੋਰ ਨਾਹ ਪੈਂਦਾ ਵੇਖ ਕੇ ।੧।

ਚਿਤਿ—ਚਿੱਤ ਵਿਚ । ਮਇਆ—ਦਇਆ । ਸਗਲ ਰੋਗ—ਸਾਰੇ ਰੋਗ । ਖਇਆ—ਖੈ ਹੋ ਜਾਂਦੇ ਹਨ ।੧।ਰਹਾਉ।

ਅਵਰਾ ਕਉ—ਹੋਰਨਾਂ ਨੂੰ ।੨।

ਮਨਿ—ਮਨ ਵਿਚ । ਸਹਜ—ਆਤਮਕ-ਅਡੋਲਤਾ । ਬੈਰਾਗੀ—ਵੈਰਾਗਣ ਹੋ ਕੇ, ਮਾਇਆ ਦੇ ਮੋਹ ਵਲੋਂ

ਉਪਰਾਮ ਹੋ ਕੇ ।੩।

ਰਿਦੇ ਮਹਿ—ਹਿਰਦੇ ਵਿਚ । ਦੀਜੈ—ਦੇਹ ।੪।

ਅਰਥ:- ਹੇ ਪ੍ਰਭੂ! ਜਿਸ ਮਨੁੱਖ ਉੱਤੇ ਤੇਰੀ ਮਿਹਰ ਹੁੰਦੀ ਹੈ ਉਸ ਦੇ ਚਿੱਤ ਵਿਚ ਤੂੰ ਆ ਵੱਸਦਾ ਹੈਂ, ਤੇਰਾ ਨਾਮ ਸਿਮਰਿਆਂ ਉਸ ਦੇ ਸਾਰੇ ਰੋਗ ਨਾਸ ਹੋ ਜਾਂਦੇ ਹਨ ।੧।ਰਹਾਉ।

ਹੇ ਪਿਆਰੇ ਪ੍ਰਭੂ! ਜਿਸ ਮਨੁੱਖ ਦੇ ਹਿਰਦੇ ਵਿਚ ਤੇਰੇ ਸੋਹਣੇ ਚਰਨਾਂ ਨਾਲ ਜੁੜੇ ਰਹਿਣ ਦੀ ਆਸ ਪੈਦਾ ਹੋ ਜਾਂਦੀ ਹੈ, ਜਮ-ਦੂਤ ਭੀ ਉਸ ਉੱਤੇ ਆਪਣਾ ਜ਼ੋਰ ਨਾਹ ਪੈਂਦਾ ਵੇਖ ਕੇ ਉਸ ਪਾਸੋਂ ਦੂਰ ਭੱਜ ਜਾਂਦੇ ਹਨ ।੧।

ਹੇ ਪ੍ਰਭੂ! ਹੋਰਨਾਂ ਨੂੰ ਤਾਂ (ਇਹ ਜਮ-ਦੂਤ) ਅਨੇਕਾਂ ਕਿਸਮਾਂ ਦੇ ਦੁੱਖ ਦੇਂਦੇ ਹਨ, ਪਰ ਸੇਵਕ ਦੇ ਇਹ ਨੇੜੇ ਭੀ ਨਹੀਂ ਢੁੱਕ ਸਕਦੇ ।੨।

ਹੇ ਪ੍ਰਭੂ! ਜਿਸ ਮਨੁੱਖ ਦੇ ਮਨ ਵਿਚ ਤੇਰੇ ਦਰਸ਼ਨ ਦੀ ਤਾਂਘ ਪੈਦਾ ਹੁੰਦੀ ਹੈ ਉਹ ਮਾਇਆ ਵਲੋਂ ਵੈਰਾਗਵਾਨ ਹੋ ਕੇ ਆਤਮਕ ਅਡੋਲਤਾ ਦੇ ਆਨੰਦ ਵਿਚ ਟਿਕਿਆ ਰਹਿੰਦਾ ਹੈ ।੩।

ਹੇ ਪ੍ਰਭੂ! (ਆਪਣੇ ਸੇਵਕ) ਨਾਨਕ ਦੀ ਭੀ ਅਰਜ਼ੋਈ ਸੁਣ, (ਨਾਨਕ ਨੂੰ ਆਪਣਾ) ਸਿਰਫ਼ ਨਾਮ ਹਿਰਦੇ ਵਿਚ (ਵਸਾਣ ਲਈ) ਦੇਹ ।੪।੨੬।੭੭।

ਆਸਾ ਮਹਲਾ ੫ ॥ ਮਨੁ ਤ੍ਰਿਪਤਾਨੋ ਮਿਟੇ ਜੰਜਾਲ ॥ ਪ੍ਰਭੁ ਅਪੁਨਾ ਹੋਇਆ ਕਿਰਪਾਲ ॥੧॥ ਸੰਤ ਪ੍ਰਸਾਦਿ ਭਲੀ ਬਨੀ ॥ ਜਾ ਕੈ ਗ੍ਰਿਹਿ ਸਭੁ ਕਿਛੁ ਹੈ ਪੂਰਨੁ ਸੋ ਭੇਟਿਆ ਨਿਰਭੈ ਧਨੀ ॥੧॥ ਰਹਾਉ ॥ ਨਾਮੁ ਦ੍ਰਿੜਾਇਆ ਸਾਧ ਕ੍ਰਿਪਾਲ ॥ ਮਿਟਿ ਗਈ ਭੂਖ ਮਹਾ ਬਿਕਰਾਲ ॥੨॥ ਠਾਕੁਰਿ ਅਪੁਨੈ ਕੀਨੀ ਦਾਤਿ ॥ ਜਲਨਿ ਬੁਝੀ ਮਨਿ ਹੋਈ ਸਾਂਤਿ ॥੩॥ ਮਿਟਿ ਗਈ ਭਾਲ ਮਨੁ ਸਹਜਿ ਸਮਾਨਾ ॥ ਨਾਨਕ ਪਾਇਆ ਨਾਮ ਖਜਾਨਾ ॥੪॥੨੭॥੭੮॥ {ਪੰਨਾ 389}

ਪਦਅਰਥ:- ਤ੍ਰਿਪਤਾਨੋ—ਰੱਜ ਗਿਆ । ਜੰਜਾਲ—ਮਾਇਆ ਦੇ ਮੋਹ ਦੇ ਬੰਧਨ । ਕਿਰਪਾਲ—ਦਇਆਵਾਨ ।੧।

ਸੰਤ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ । ਪੂਰਨ—ਮੁਕੰਮਲ । ਭੇਟਿਆ—ਮਿਲਿਆ । ਧਨੀ—ਮਾਲਕ ।੧।ਰਹਾਉ।

ਸਾਧ—ਗੁਰੂ । ਦ੍ਰਿੜਾਇਆ—ਹਿਰਦੇ ਵਿਚ ਪੱਕਾ ਕਰ ਦਿੱਤਾ । ਬਿਕਰਾਲ—ਡਰਾਉਣੀ, ਭਿਆਨਕ ।੨।

ਠਾਕੁਰਿ—ਠਾਕੁਰ ਨੇ । ਜਲਨਿ—ਸੜਨ । ਮਨਿ—ਮਨ ਵਿਚ ।੩।

ਭਾਲ—(ਦੁਨੀਆ ਦੇ ਧਨ-ਪਦਾਰਥ ਦੀ) ਢੂੰਢ । ਸਹਜਿ—ਆਤਮਕ ਅਡੋਲਤਾ ਵਿਚ ।੪।

ਅਰਥ:- (ਹੇ ਭਾਈ!) ਗੁਰੂ ਦੀ ਕਿਰਪਾ ਨਾਲ ਮੇਰਾ ਭਾਗ ਜਾਗ ਪਿਆ ਹੈ ਮੈਨੂੰ ਉਹ ਮਾਲਕ ਮਿਲ ਪਿਆ ਹੈ ਜਿਸ ਨੂੰ ਕਿਸੇ ਪਾਸੋਂ ਕੋਈ ਡਰ ਨਹੀਂ ਤੇ ਜਿਸ ਦੇ ਘਰ ਵਿਚ ਹਰੇਕ ਚੀਜ਼ ਅਮੁੱਕ ਹੈ ।੧।ਰਹਾਉ।

(ਹੇ ਭਾਈ! ਜਿਸ ਮਨੁੱਖ ਉੱਤੇ) ਪਿਆਰਾ ਪ੍ਰਭੂ ਦਇਆਵਾਨ ਹੋ ਜਾਂਦਾ ਹੈ ਉਸ ਦਾ ਮਨ ਮਾਇਆ ਦੀ ਤ੍ਰਿਸ਼ਨਾ ਵਲੋਂ ਰੱਜ ਜਾਂਦਾ ਹੈ ਉਸ ਦੇ ਮਾਇਆ ਦੇ ਮੋਹ ਦੇ ਸਾਰੇ ਬੰਧਨ ਟੁੱਟ ਜਾਂਦੇ ਹਨ ।੧।

(ਹੇ ਭਾਈ!) ਦਇਆ-ਸਰੂਪ ਗੁਰੂ ਨੇ (ਜਿਸ ਮਨੁੱਖ ਦੇ ਹਿਰਦੇ ਵਿਚ) ਨਾਮ ਪੱਕਾ ਕਰ ਦਿੱਤਾ (ਉਸ ਦੇ

ਅੰਦਰੋਂ) ਬੜੀ ਡਰਾਉਣੀ (ਮਾਇਆ ਦੀ) ਭੁੱਖ ਦੂਰ ਹੋ ਗਈ ।੨।

(ਹੇ ਭਾਈ!) ਠਾਕੁਰ-ਪ੍ਰਭੂ ਨੇ ਜਿਸ ਨੂੰ ਆਪਣੇ ਸੇਵਕ ਨਾਮ ਦੀ ਦਾਤਿ ਬਖ਼ਸ਼ੀ (ਉਸ ਦੇ ਮਨ ਵਿਚੋਂ ਤ੍ਰਿਸ਼ਨਾ ਦੀ) ਸੜਨ ਬੁੱਝ ਗਈ ਉਸ ਦੇ ਮਨ ਵਿਚ ਠੰਢ ਪੈ ਗਈ ।੩।

ਹੇ ਨਾਨਕ! (ਜਿਸ ਮਨੁੱਖ ਨੇ ਗੁਰੂ ਦੀ ਕਿਰਪਾ ਨਾਲ) ਪਰਮਾਤਮਾ ਦੇ ਨਾਮ ਦਾ ਖ਼ਜ਼ਾਨਾ ਲੱਭ ਲਿਆ (ਦੁਨੀਆ ਦੇ ਖ਼ਜ਼ਾਨਿਆਂ ਵਾਸਤੇ ਉਸ ਦੀ) ਢੂੰਢ ਦੂਰ ਹੋ ਗਈ, ਉਸ ਦਾ ਮਨ ਆਤਮਕ ਅਡੋਲਤਾ ਵਿਚ ਟਿਕ ਗਿਆ ।੪।੨੭।੭੮।

ਆਸਾ ਮਹਲਾ ੫ ॥ ਠਾਕੁਰ ਸਿਉ ਜਾ ਕੀ ਬਨਿ ਆਈ ॥ ਭੋਜਨ ਪੂਰਨ ਰਹੇ ਅਘਾਈ ॥੧॥ ਕਛੂ ਨ ਥੋਰਾ ਹਰਿ ਭਗਤਨ ਕਉ ॥ ਖਾਤ ਖਰਚਤ ਬਿਲਛਤ ਦੇਵਨ ਕਉ ॥੧॥ ਰਹਾਉ ॥ ਜਾ ਕਾ ਧਨੀ ਅਗਮ ਗੁਸਾਈ ॥ ਮਾਨੁਖ ਕੀ ਕਹੁ ਕੇਤ ਚਲਾਈ ॥੨॥ ਜਾ ਕੀ ਸੇਵਾ ਦਸ ਅਸਟ ਸਿਧਾਈ ॥ ਪਲਕ ਦਿਸਟਿ ਤਾ ਕੀ ਲਾਗਹੁ ਪਾਈ ॥੩॥ ਜਾ ਕਉ ਦਇਆ ਕਰਹੁ ਮੇਰੇ ਸੁਆਮੀ ॥ ਕਹੁ ਨਾਨਕ ਨਾਹੀ ਤਿਨ ਕਾਮੀ ॥੪॥੨੮॥੭੯॥ {ਪੰਨਾ 390}

ਪਦਅਰਥ:- ਸਿਉ—ਨਾਲ । ਭੋਜਨ ਪੂਰਨ—ਅਮੁੱਕ ਨਾਮ-ਭੋਜਨ ਦੀ ਬਰਕਤਿ ਨਾਲ । ਅਘਾਈ ਰਹੇ—ਅਘਾਇ ਰਹੇ, ਰੱਜਿਆ ਰਹਿੰਦਾ ਹੈ ।੧।

ਥੋਰਾ—ਥੋੜਾ । ਕਉ—ਨੂੰ । ਬਿਲਛਤ—ਆਨੰਦ ਮਾਣਦੇ । ਦੇਵਨ ਕਉ—ਹੋਰਨਾਂ ਨੂੰ ਦੇਣ ਲਈ ।੧।ਰਹਾਉ।

ਧਨੀ—ਮਾਲਕ । ਅਗਮ—ਅਪਹੁੰਚ । ਗੁਸਾਈ—ਖਸਮ । ਕੇਤ ਚਲਾਈ—ਕਿਤਨੀ ਕੁ ਪੇਸ਼ ਜਾ ਸਕਦੀ ਹੈ? ।੨।

ਦਸ ਅਸਟ—ਦਸ ਤੇ ਅੱਠ, ਅਠਾਰਾਂ । ਸਿਧਾਈ—ਸਿੱਧੀਆਂ । ਦਿਸਟਿ—ਨਿਗਾਹ । ਪਾਈ—ਪੈਰੀਂ ।੩।

ਸੁਆਮੀ—ਹੇ ਸੁਆਮੀ! ਕਾਮੀ—ਕਮੀ ।੪।

ਅਰਥ:- (ਹੇ ਭਾਈ! ਹਰੀ ਦੇ ਭਗਤਾਂ ਪਾਸ ਇਤਨਾ ਅਮੁੱਕ ਨਾਮ-ਖ਼ਜ਼ਾਨਾ ਹੁੰਦਾ ਹੈ ਕਿ) ਭਗਤ ਜਨਾਂ ਨੂੰ ਕਿਸੇ ਚੀਜ਼ ਦੀ ਥੁੜ ਨਹੀਂ ਹੁੰਦੀ, ਉਹ ਉਸ ਖ਼ਜ਼ਾਨੇ ਨੂੰ ਆਪ ਵਰਤਦੇ ਹਨ ਹੋਰਨਾਂ ਨੂੰ ਵੰਡਦੇ ਹਨ, ਆਪ ਆਨੰਦ ਮਾਣਦੇ ਹਨ, ਤੇ ਹੋਰਨਾਂ ਨੂੰ ਭੀ ਆਨੰਦ ਦੇਣ-ਜੋਗੇ ਹੁੰਦੇ ਹਨ ।੧।ਰਹਾਉ।

(ਹੇ ਭਾਈ!) ਜਿਸ ਮਨੁੱਖ ਦੀ ਪ੍ਰੀਤਿ ਮਾਲਕ-ਪ੍ਰਭੂ ਨਾਲ ਪੱਕੀ ਬਣ ਜਾਂਦੀ ਹੈ ਅਮੁੱਕ ਨਾਮ-ਭੋਜਨ ਦੀ ਬਰਕਤਿ ਨਾਲ ਉਹ (ਮਾਇਆ ਦੀ ਤ੍ਰਿਸ਼ਨਾ ਵਲੋਂ ਸਦਾ) ਰੱਜਿਆ ਰਹਿੰਦਾ ਹੈ ।੧।

ਜਗਤ ਦਾ ਖਸਮ ਅਪਹੁੰਚ ਮਾਲਕ ਜਿਸ ਮਨੁੱਖ ਦਾ (ਰਾਖਾ) ਬਣ ਜਾਂਦਾ ਹੈ (ਹੇ ਭਾਈ!) ਦੱਸ, ਕਿਸੇ ਮਨੁੱਖ ਦਾ ਉਸ ਉੱਤੇ ਕੀਹ ਜ਼ੋਰ ਚੜ੍ਹ ਸਕਦਾ ਹੈ ।੨।

(ਹੇ ਭਾਈ!) ਜਿਸ ਦੀ ਸੇਵਾ-ਭਗਤੀ ਕੀਤਿਆਂ ਤੇ ਜਿਸ ਦੀ ਮੇਹਰ ਦੀ ਨਿਗਾਹ ਨਾਲ ਅਠਾਰਾਂ (ਹੀ) ਕਰਾਮਾਤੀ ਤਾਕਤਾਂ ਮਿਲ ਜਾਂਦੀਆਂ ਹਨ ਸਦਾ ਉਸ ਦੀ ਚਰਨੀਂ ਲੱਗੇ ਰਹੋ ।੩।

ਹੇ ਨਾਨਕ! ਆਖ—ਹੇ ਮੇਰੇ ਸੁਆਮੀ! ਜਿਨ੍ਹਾਂ ਮਨੁੱਖਾਂ ਉਤੇ ਤੂੰ ਮੇਹਰ ਕਰਦਾ ਹੈਂ ਉਹਨਾਂ ਨੂੰ ਕਿਸੇ ਗੱਲੇ ਕੋਈ ਥੁੜ ਨਹੀਂ ਰਹਿੰਦੀ ।੪।੨੮।੭੯।

ਆਸਾ ਮਹਲਾ ੫ ॥ ਜਉ ਮੈ ਅਪੁਨਾ ਸਤਿਗੁਰੁ ਧਿਆਇਆ ॥ ਤਬ ਮੇਰੈ ਮਨਿ ਮਹਾ ਸੁਖੁ ਪਾਇਆ ॥੧॥ ਮਿਟਿ ਗਈ ਗਣਤ ਬਿਨਾਸਿਉ ਸੰਸਾ ॥ ਨਾਮਿ ਰਤੇ ਜਨ ਭਏ ਭਗਵੰਤਾ ॥੧॥ ਰਹਾਉ ॥ ਜਉ ਮੈ ਅਪੁਨਾ ਸਾਹਿਬੁ ਚੀਤਿ ॥ ਤਉ ਭਉ ਮਿਟਿਓ ਮੇਰੇ ਮੀਤ ॥੨॥ ਜਉ ਮੈ ਓਟ ਗਹੀ ਪ੍ਰਭ ਤੇਰੀ ॥ ਤਾਂ ਪੂਰਨ ਹੋਈ ਮਨਸਾ ਮੇਰੀ ॥੩॥ ਦੇਖਿ ਚਲਿਤ ਮਨਿ ਭਏ ਦਿਲਾਸਾ ॥ ਨਾਨਕ ਦਾਸ ਤੇਰਾ ਭਰਵਾਸਾ ॥੪॥੨੯॥੮੦॥ {ਪੰਨਾ 390}

ਪਦਅਰਥ:- ਜਉ—ਜਦੋਂ । ਧਿਆਇਆ—ਯਾਦ ਕੀਤਾ, ਹਿਰਦੇ ਵਿਚ ਵਸਾਇਆ । ਮਨਿ—ਮਨ ਨੇ ।੧।

ਗਣਤ—ਚਿੰਤਾ । ਸੰਸਾ—ਸਹਮ । ਨਾਮਿ—ਨਾਮ ਵਿਚ । ਰਤੇ—ਰੰਗੇ ਹੋਏ । ਭਗਵੰਤਾ—ਭਾਗਾਂ ਵਾਲੇ ।੧।ਰਹਾਉ।

ਚੀਤਿ—ਚਿੱਤ ਵਿਚ । ਮੀਤ—ਹੇ ਮੀਤ! ।੨।

ਓਟ—ਆਸਰਾ । ਗਹੀ—ਫੜੀ । ਪ੍ਰਭ—ਹੇ ਪ੍ਰਭੂ! ਮਨਸਾ—{mnl—w} ਮਨ ਦੀ ਇੱਛਾ ।੩।

ਦੇਖਿ—ਵੇਖ ਕੇ । ਚਲਿਤ—ਕੌਤਕ, ਚੋਜ-ਤਮਾਸ਼ੇ । ਮਨਿ—ਮਨ ਵਿਚ । ਦਿਲਾਸਾ—ਸਹਾਰਾ, ਧੀਰਜ ।੪।

ਅਰਥ:- (ਹੇ ਭਾਈ!) ਜੇਹੜੇ ਮਨੁੱਖ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ ਉਹ ਭਾਗਾਂ ਵਾਲੇ ਹੋ ਜਾਂਦੇ ਹਨ, ਉਹਨਾਂ ਦੀ ਹਰੇਕ ਚਿੰਤਾ ਮਿਟ ਜਾਂਦੀ ਹੈ ਉਹਨਾਂ ਦਾ ਹਰੇਕ ਸਹਮ ਦੂਰ ਹੋ ਜਾਂਦਾ ਹੈ ।੧।ਰਹਾਉ।

(ਹੇ ਭਾਈ!) ਜਦੋਂ ਦਾ ਮੈਂ ਆਪਣੇ ਗੁਰੂ ਨੂੰ ਆਪਣੇ ਮਨ ਵਿਚ ਵਸਾ ਲਿਆ ਹੈ ਤਦੋਂ ਤੋਂ ਮੇਰੇ ਮਨ ਨੇ ਬੜਾ ਆਨੰਦ ਪ੍ਰਾਪਤ ਕੀਤਾ ਹੈ ।੧।

ਹੇ ਮੇਰੇ ਮਿੱਤਰ! ਜਦੋਂ ਦਾ ਮੈਂ ਆਪਣੇ ਮਾਲਕ ਨੂੰ ਆਪਣੇ ਚਿੱਤ ਵਿਚ (ਵਸਾਇਆ ਹੈ) ਤਦੋਂ ਤੋਂ ਮੇਰਾ ਹਰੇਕ ਕਿਸਮ ਦਾ ਡਰ ਦੂਰ ਹੋ ਗਿਆ ਹੈ ।੨।

ਹੇ ਪ੍ਰਭੂ! ਜਦੋਂ ਤੋਂ ਮੈਂ ਤੇਰੀ ਓਟ ਪਕੜੀ ਹੈ ਤਦੋਂ ਤੋਂ ਮੇਰੀ ਹਰੇਕ ਮਨੋ-ਕਾਮਨਾ ਪੂਰੀ ਹੋ ਰਹੀ ਹੈ ।੩।

ਹੇ ਨਾਨਕ! (ਆਖ—ਹੇ ਪ੍ਰਭੂ! ਮੈਨੂੰ ਤੇਰੇ) ਦਾਸ ਨੂੰ ਤੇਰਾ ਹੀ ਭਰਵਾਸਾ ਹੈ ਤੇਰੇ ਚਰਿਤ੍ਰ ਵੇਖ ਵੇਖ ਕੇ ਮੇਰੇ ਮਨ ਵਿਚ ਸਹਾਰਾ ਬਣਦਾ ਜਾਂਦਾ ਹੈ (ਕਿ ਸਰਨ ਪਿਆਂ ਦੀ ਤੂੰ ਸਹਾਇਤਾ ਕਰਦਾ ਹੈਂ) ।੪।੨੯।੮੦।

ਆਸਾ ਮਹਲਾ ੫ ॥ ਅਨਦਿਨੁ ਮੂਸਾ ਲਾਜੁ ਟੁਕਾਈ ॥ ਗਿਰਤ ਕੂਪ ਮਹਿ ਖਾਹਿ ਮਿਠਾਈ ॥੧॥ ਸੋਚਤ ਸਾਚਤ ਰੈਨਿ ਬਿਹਾਨੀ ॥ ਅਨਿਕ ਰੰਗ ਮਾਇਆ ਕੇ ਚਿਤਵਤ ਕਬਹੂ ਨ ਸਿਮਰੈ ਸਾਰਿੰਗਪਾਨੀ ॥੧॥ ਰਹਾਉ ॥ ਦ੍ਰੁਮ ਕੀ ਛਾਇਆ ਨਿਹਚਲ ਗ੍ਰਿਹੁ ਬਾਂਧਿਆ ॥ ਕਾਲ ਕੈ ਫਾਂਸਿ ਸਕਤ ਸਰੁ ਸਾਂਧਿਆ ॥੨॥ ਬਾਲੂ ਕਨਾਰਾ ਤਰੰਗ ਮੁਖਿ ਆਇਆ ॥ ਸੋ ਥਾਨੁ ਮੂੜਿ ਨਿਹਚਲੁ ਕਰਿ ਪਾਇਆ ॥੩॥ ਸਾਧਸੰਗਿ ਜਪਿਓ ਹਰਿ ਰਾਇ ॥ ਨਾਨਕ ਜੀਵੈ ਹਰਿ ਗੁਣ ਗਾਇ ॥੪॥੩੦॥੮੧॥ {ਪੰਨਾ 390}

ਪਦਅਰਥ:- ਅਨਦਿਨੁ—ਹਰ ਰੋਜ਼ । ਮੂਸਾ—ਚੂਹਾ । ਲਾਜੁ—ਲੱਜ । ਕੂਪ—ਖੂਹ । ਖਾਹਿ—ਤੂੰ ਖਾਂਦਾ ਹੈਂ ।੧।

ਸੋਚਤ ਸਾਚਤ—ਚਿੰਤਾ-ਫ਼ਿਕਰ ਕਰਦਿਆਂ । ਰੈਨਿ—(ਜ਼ਿੰਦਗੀ ਦੀ) ਰਾਤ । ਸਾਰਿੰਗਪਾਨੀ—{ਸਾਰਿੰਗ—ਧਨੁਖ । ਪਾਨੀ—ਹੱਥ । ਜਿਸ ਦੇ ਹੱਥ ਵਿਚ ਧਨੁਖ ਹੈ} ਪਰਮਾਤਮਾ ।੧।ਰਹਾਉ।

ਦ੍ਰੁਮ—ਰੁੱਖ । ਛਾਇਆ—ਛਾਂ । ਨਿਹਚਲ—ਨਾਹ ਹਿੱਲਣ ਵਾਲਾ, ਪੱਕਾ । ਗ੍ਰਿਹੁ—ਘਰ । ਕੈ ਫਾਂਸਿ—ਦੀ ਫਾਹੀ ਵਿਚ । ਸਕਤ—ਤਕੜਾ । ਸਰੁ—ਤੀਰ । ਸਾਂਧਿਅ—ਕੱਸਿਆ ਹੋਇਆ ।੨।

ਬਾਲੂ—ਰੇਤ । ਤਰੰਗ—ਲਹਰਾਂ । ਮੁਖਿ—ਮੂੰਹ ਵਿਚ । ਮੂੜਿ—ਮੂਰਖ ਨੇ ।੩।

ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ । ਗਾਇ—ਗਾ ਕੇ ।੪।

ਅਰਥ:- ਮਾਇਆ ਦੀਆਂ ਸੋਚਾਂ ਸੋਚਦਿਆਂ ਹੀ ਮਨੁੱਖ ਦੀ (ਜ਼ਿੰਦਗੀ ਦੀ ਸਾਰੀ) ਰਾਤ ਬੀਤ ਜਾਂਦੀ ਹੈ, ਮਨੁੱਖ ਮਾਇਆ ਦੇ ਹੀ ਅਨੇਕਾਂ ਰੰਗ ਤਮਾਸ਼ੇ ਸੋਚਦਾ ਰਹਿੰਦਾ ਹੈ ਤੇ ਪਰਮਾਤਮਾ ਨੂੰ ਕਦੇ ਭੀ ਨਹੀਂ ਸਿਮਰਦਾ ।੧।ਰਹਾਉ।

(ਹੇ ਭਾਈ! ਤੂੰ ਮਾਇਆ ਦੇ ਮੋਹ ਦੇ ਖੂਹ ਵਿਚ ਲਮਕਿਆ ਪਿਆ ਹੈਂ, ਜਿਸ ਲੱਜ ਦੇ ਆਸਰੇ ਤੂੰ ਲਮਕਿਆ ਹੋਇਆ ਹੈਂ ਉਸ) ਲੱਜ ਨੂੰ ਹਰ ਰੋਜ਼ ਚੂਹਾ ਟੁੱਕ ਰਿਹਾ ਹੈ (ਉਮਰ ਦੀ ਲੱਜ ਨੂੰ ਜਮ-ਚੂਹਾ ਟੁੱਕਦਾ ਜਾ ਰਿਹਾ ਹੈ, ਪਰ) ਤੂੰ ਖੂਹ ਵਿਚ ਡਿੱਗਾ ਹੋਇਆ ਭੀ ਮਠਿਆਈ ਖਾਈ ਜਾ ਰਿਹਾ ਹੈਂ (ਦੁਨੀਆ ਦੇ ਪਦਾਰਥ ਮਾਣਨ ਵਿਚ ਰੁੱਝਾ ਪਿਆ ਹੈਂ) ।੧।

(ਮਾਇਆ ਦੇ ਮੋਹ ਵਿਚ ਫਸ ਕੇ ਮਨੁੱਖ ਇਤਨਾ ਮੂਰਖ ਹੋ ਜਾਂਦਾ ਹੈ ਕਿ) ਰੁੱਖ ਦੀ ਛਾਂ ਨੂੰ ਪੱਕਾ ਘਰ ਮੰਨ ਬੈਠਦਾ ਹੈ, ਮਨੁੱਖ ਕਾਲ (ਆਤਮਕ ਮੌਤ) ਦੀ ਫਾਹੀ ਵਿਚ ਫਸਿਆ ਹੋਇਆ ਹੈ ਉਤੋਂ ਮਾਇਆ ਨੇ ਤ੍ਰਿੱਖਾ (ਮੋਹ ਦਾ) ਤੀਰ ਕੱਸਿਆ ਹੋਇਆ ਹੈ ।੨।

(ਇਹ ਜਗਤ-ਵਾਸਾ, ਮਾਨੋ,) ਰੇਤ ਦਾ ਕੰਢਾ (ਦਰਿਆ ਦੀਆਂ) ਲਹਰਾਂ ਦੇ ਮੂੰਹ ਵਿਚ ਆਇਆ ਹੋਇਆ ਹੈ (ਪਰ ਮਾਇਆ ਦੇ ਮੋਹ ਵਿਚ ਫਸੇ ਹੋਏ) ਮੂਰਖ ਨੇ ਇਸ ਥਾਂ ਨੂੰ ਪੱਕਾ ਸਮਝਿਆ ਹੋਇਆ ਹੈ ।੩।

ਹੇ ਨਾਨਕ! ਜਿਸ ਮਨੁੱਖ ਨੇ ਸਾਧ ਸੰਗਤਿ ਵਿਚ ਟਿਕ ਕੇ ਪ੍ਰਭੂ-ਪਾਤਿਸ਼ਾਹ ਦਾ ਜਾਪ ਜਪਿਆ ਹੈ ਉਹ ਪਰਮਾਤਮਾ ਦੇ ਗੁਣ ਗਾ ਗਾ ਕੇ ਆਤਮਕ ਜੀਵਨ ਹਾਸਲ ਕਰਦਾ ਹੈ ।੪।੩੦।੮੧।

ਆਸਾ ਮਹਲਾ ੫ ਦੁਤੁਕੇ ੯ ॥ ਉਨ ਕੈ ਸੰਗਿ ਤੂ ਕਰਤੀ ਕੇਲ ॥ ਉਨ ਕੈ ਸੰਗਿ ਹਮ ਤੁਮ ਸੰਗਿ ਮੇਲ ॥ ਉਨ੍ ਕੈ ਸੰਗਿ ਤੁਮ ਸਭੁ ਕੋਊ ਲੋਰੈ ॥ ਓਸੁ ਬਿਨਾ ਕੋਊ ਮੁਖੁ ਨਹੀ ਜੋਰੈ ॥੧॥ ਤੇ ਬੈਰਾਗੀ ਕਹਾ ਸਮਾਏ ॥ ਤਿਸੁ ਬਿਨੁ ਤੁਹੀ ਦੁਹੇਰੀ ਰੀ ॥੧॥ ਰਹਾਉ ॥ ਉਨ੍ ਕੈ ਸੰਗਿ ਤੂ ਗ੍ਰਿਹ ਮਹਿ ਮਾਹਰਿ ॥ ਉਨ੍ ਕੈ ਸੰਗਿ ਤੂ ਹੋਈ ਹੈ ਜਾਹਰਿ ॥ ਉਨ੍ ਕੈ ਸੰਗਿ ਤੂ ਰਖੀ ਪਪੋਲਿ ॥ ਓਸੁ ਬਿਨਾ ਤੂੰ ਛੁਟਕੀ ਰੋਲਿ ॥੨॥ ਉਨ੍ ਕੈ ਸੰਗਿ ਤੇਰਾ ਮਾਨੁ ਮਹਤੁ ॥ ਉਨ੍ ਕੈ ਸੰਗਿ ਤੁਮ ਸਾਕੁ ਜਗਤੁ ॥ ਉਨ੍ ਕੈ ਸੰਗਿ ਤੇਰੀ ਸਭ ਬਿਧਿ ਥਾਟੀ ॥ ਓਸੁ ਬਿਨਾ ਤੂੰ ਹੋਈ ਹੈ ਮਾਟੀ ॥੩॥ ਓਹੁ ਬੈਰਾਗੀ ਮਰੈ ਨ ਜਾਇ ॥ ਹੁਕਮੇ ਬਾਧਾ ਕਾਰ ਕਮਾਇ ॥ ਜੋੜਿ ਵਿਛੋੜੇ ਨਾਨਕ ਥਾਪਿ ॥ ਅਪਨੀ ਕੁਦਰਤਿ ਜਾਣੈ ਆਪਿ ॥੪॥੩੧॥੮੨॥ {ਪੰਨਾ 390}

ਪਦਅਰਥ:- ਉਨ ਕੈ ਸੰਗਿ—ਉਸ ਜੀਵਾਤਮਾ ਦੀ ਸੰਗਤਿ ਵਿਚ । ਕੇਲ—ਚੋਜ-ਤਮਾਸ਼ੇ । ਹਮ ਤੁਮ ਸੰਗਿ— ਸਭਨਾਂ ਨਾਲ । ਲੋਰੈ—ਲੋੜਦਾ ਹੈ, ਮਿਲਣਾ ਚਾਹੁੰਦਾ ਹੈ । ਸਭ ਕੋਊ—ਹਰ ਕੋਈ । ਜੋਰੈ—ਜੋੜਦਾ ।੧।

ਤੇ ਬੈਰਾਗੀ—ਉਹ ਜੀਵਾਤਮਾ ਪੰਛੀ । ਦੁਹੇਰੀ—ਦੁੱਖੀ । ਰੀ—ਹੇ ਕਾਇਆਂ! ।੧।ਰਹਾਉ।

ਮਾਹਰਿ—ਸਿਆਣੀ । ਪਪੋਲਿ—ਪਾਲ ਕੇ । ਤੂੰ—ਤੈਨੂੰ । ਰੋਲਿ—ਰੁਲ ਗਈ । ਛੁਟਕੀ—ਛੁੱਟੜ ।੨।

ਮਹਤੁ—ਵਡਿਆਈ । ਸਭ ਬਿਧਿ—ਹਰੇਕ ਤਰੀਕੇ ਨਾਲ । ਤੇਰੀ ਥਾਟੀ—ਤੇਰੀ ਬਣਤਰ ਕਾਇਮ ਰੱਖੀ ਜਾਂਦੀ ਹੈ, ਤੇਰੀ ਹਰ ਤਰ੍ਹਾਂ ਪਾਲਣਾ ਕੀਤੀ ਜਾਂਦੀ ਹੈ ।੩।

ਬੈਰਾਗੀ—ਚਲੇ ਜਾਣ ਵਾਲਾ ਜੀਵਾਤਮਾ । ਜੋੜਿ—ਜੋੜ ਕੇ । ਥਾਪਿ—ਥਾਪ ਕੇ ।੪।

ਅਰਥ:- ਹੇ ਕਾਂਇਆਂ! ਉਸ (ਜੀਵਾਤਮਾ) ਤੋਂ ਬਿਨਾ ਤੂੰ ਦੁੱਖੀ ਹੋ ਜਾਂਦੀ ਹੈਂ । ਪਤਾ ਨਹੀਂ ਲੱਗਦਾ ਉਹ ਜੀਵਾਤਮਾ ਤੈਥੋਂ ਉਪਰਾਮ ਹੋ ਕੇ ਕਿੱਥੇ ਚਲਾ ਜਾਂਦਾ ਹੈ ।੧।ਰਹਾਉ।

ਹੇ ਕਾਂਇਆਂ! ਜੀਵਾਤਮਾ ਦੀ ਸੰਗਤਿ ਵਿਚ ਰਹਿ ਕੇ ਤੂੰ (ਕਈ ਤਰ੍ਹਾਂ ਦੇ) ਚੋਜ-ਤਮਾਸ਼ੇ ਕਰਦੀ ਰਹਿੰਦੀ ਹੈਂ, ਸਭਨਾਂ ਨਾਲ ਤੇਰਾ ਮੇਲ-ਮਿਲਾਪ ਬਣਿਆ ਰਹਿੰਦਾ ਹੈ, ਹਰ ਕੋਈ ਤੈਨੂੰ ਮਿਲਣਾ ਚਾਹੁੰਦਾ ਹੈ ਪਰ ਉਸ ਜੀਵਾਤਮਾ ਦੇ ਮਿਲਾਪ ਤੋਂ ਬਿਨਾ ਤੈਨੂੰ ਕੋਈ ਮੂੰਹ ਨਹੀਂ ਲਾਂਦਾ ।੧।

ਹੇ ਕਾਂਇਆਂ! ਜਿਤਨਾ ਚਿਰ ਤੂੰ ਜੀਵਾਤਮਾ ਦੇ ਨਾਲ ਸੈਂ ਤੂੰ ਸਿਆਣੀ (ਸਮਝੀ ਜਾਂਦੀ ਹੈ, ਹਰ ਥਾਂ) ਤੂੰ ਉਜਾਗਰ ਹੁੰਦੀ ਹੈਂ, ਤੈਨੂੰ ਪਾਲ-ਪੋਸ ਕੇ ਰੱਖੀਦਾ ਹੈ । ਪਰ ਜਦੋਂ ਉਹ ਜੀਵਾਤਮਾ ਚਲਾ ਜਾਂਦਾ ਹੈ ਤਾਂ ਤੂੰ ਛੁੱਟੜ ਹੋ ਜਾਂਦੀ ਹੈਂ ਰੁਲ ਜਾਂਦੀ ਹੈਂ ।੨।

ਹੇ ਕਾਂਇਆਂ! ਜੀਵਾਤਮਾ ਦੇ ਨਾਲ ਹੁੰਦਿਆਂ ਤੇਰਾ ਆਦਰ-ਮਾਣ ਹੁੰਦਾ ਹੈ ਤੈਨੂੰ ਵਡਿਆਈ ਮਿਲਦੀ ਹੈ, ਸਾਰਾ ਜਗਤ ਤੇਰਾ ਸਾਕ-ਸਨਬੰਧੀ ਜਾਪਦਾ ਹੈ, ਤੇਰੀ ਹਰ ਤਰ੍ਹਾਂ ਪਾਲਣਾ ਕੀਤੀ ਜਾਂਦੀ ਹੈ । ਪਰ ਜਦੋਂ ਉਸ ਜੀਵਾਤਮਾ ਤੋਂ ਤੂੰ ਵਿਛੁੜ ਜਾਂਦੀ ਹੈਂ ਤਦੋਂ ਤੂੰ ਮਿੱਟੀ ਵਿਚ ਰੁਲ ਜਾਂਦੀ ਹੈਂ ।੩।

ਹੇ ਨਾਨਕ! (ਆਖ—ਜੀਵਾਤਮਾ ਦੇ ਕੀਹ ਵੱਸ? ਪਰਮਾਤਮਾ) ਮਨੁੱਖ ਸਰੀਰ ਬਣਾ ਕੇ (ਜੀਵਾਤਮਾ ਤੇ ਕਾਂਇਆਂ ਦਾ ਜੋੜ ਜੋੜਦਾ ਹੈ) ਜੋੜ ਕੇ ਫਿਰ ਵਿਛੋੜ ਵੀ ਦੇਂਦਾ ਹੈ । ਕਾਂਇਆਂ ਵਿਚੋਂ ਉਪਰਾਮ ਹੋ ਕੇ ਤੁਰ ਜਾਣ ਵਾਲਾ ਜੀਵਾਤਮਾ (ਆਪਣੇ ਆਪ) ਨਾਹ ਮਰਦਾ ਹੈ ਨਾਹ ਜੰਮਦਾ (ਉਹ ਤਾਂ ਪਰਮਾਤਮਾ ਦੇ) ਹੁਕਮ ਵਿਚ ਬੱਝਾ ਹੋਇਆ (ਕਾਂਇਆਂ ਵਿਚ ਆਉਣ ਤੇ ਫਿਰ ਇਸ ਵਿਚੋਂ ਚਲੇ ਜਾਣ ਦੀ) ਕਾਰ ਕਰਦਾ ਹੈ ।(ਜੀਵਾਤਮਾ ਤੇ ਕਾਂਇਆਂ ਨੂੰ ਜੋੜਨ ਵਿਛੋੜਨ ਦੀ) ਆਪਣੀ ਅਜਬ ਖੇਡ ਨੂੰ ਪਰਮਾਤਮਾ ਆਪ ਹੀ ਜਾਣਦਾ ਹੈ ।੪।੩੧।੮੨।

ਨੋਟ:- ਦੁਤੁਕੇ ੯ । ਇਸ ਸ਼ਬਦ ਤੋਂ ਲੈ ਕੇ ਸ਼ਬਦ ਨੰ: ੯੦ ਤਕ ੯ ਐਸੇ ਸ਼ਬਦ ਹਨ ਜਿਨ੍ਹਾਂ ਦੇ ਹਰੇਕ ਬੰਦ ਵਿਚ ਦੋ ਦੋ ਤੁਕਾਂ ਹਨ ।

ਆਸਾ ਮਹਲਾ ੫ ॥ ਨਾ ਓਹੁ ਮਰਤਾ ਨਾ ਹਮ ਡਰਿਆ ॥ ਨਾ ਓਹੁ ਬਿਨਸੈ ਨਾ ਹਮ ਕੜਿਆ ॥ ਨਾ ਓਹੁ ਨਿਰਧਨੁ ਨਾ ਹਮ ਭੂਖੇ ॥ ਨਾ ਓਸੁ ਦੂਖੁ ਨ ਹਮ ਕਉ ਦੂਖੇ ॥੧॥ ਅਵਰੁ ਨ ਕੋਊ ਮਾਰਨਵਾਰਾ ॥ ਜੀਅਉ ਹਮਾਰਾ ਜੀਉ ਦੇਨਹਾਰਾ ॥੧॥ ਰਹਾਉ ॥ ਨਾ ਉਸੁ ਬੰਧਨ ਨਾ ਹਮ ਬਾਧੇ ॥ ਨਾ ਉਸੁ ਧੰਧਾ ਨਾ ਹਮ ਧਾਧੇ ॥ ਨਾ ਉਸੁ ਮੈਲੁ ਨ ਹਮ ਕਉ ਮੈਲਾ ॥ ਓਸੁ ਅਨੰਦੁ ਤ ਹਮ ਸਦ ਕੇਲਾ ॥੨॥ ਨਾ ਉਸੁ ਸੋਚੁ ਨ ਹਮ ਕਉ ਸੋਚਾ ॥ ਨਾ ਉਸੁ ਲੇਪੁ ਨ ਹਮ ਕਉ ਪੋਚਾ ॥ ਨਾ ਉਸੁ ਭੂਖ ਨ ਹਮ ਕਉ ਤ੍ਰਿਸਨਾ ॥ ਜਾ ਉਹੁ ਨਿਰਮਲੁ ਤਾਂ ਹਮ ਜਚਨਾ ॥੩॥ ਹਮ ਕਿਛੁ ਨਾਹੀ ਏਕੈ ਓਹੀ ॥ ਆਗੈ ਪਾਛੈ

ਏਕੋ ਸੋਈ ॥ ਨਾਨਕ ਗੁਰਿ ਖੋਏ ਭ੍ਰਮ ਭੰਗਾ ॥ ਹਮ ਓਇ ਮਿਲਿ ਹੋਏ ਇਕ ਰੰਗਾ ॥੪॥੩੨॥੮੩॥ {ਪੰਨਾ 391}

ਪਦਅਰਥ:- ਓਹੁ—ਉਹ ਪਰਮਾਤਮਾ । ਹਮ—ਅਸੀ (ਉਸੇ ਦੀ ਹੀ ਅੰਸ਼-) ਜੀਵ । ਕੜਿਆ—ਚਿੰਤਾ-ਫ਼ਿਕਰ ਕਰਦੇ । ਨਿਰਧਨੁ—ਕੰਗਾਲ ।੧।

ਮਾਰਨਵਾਰਾ—ਮਾਰਨ ਦੀ ਸਮਰੱਥਾ ਵਾਲਾ । ਜੀਅਉ—ਜੀਊਂਦਾ ਰਹੇ । ਜੀਉ ਦੇਨਹਾਰਾ—ਜਿੰਦ ਦੇਣ ਵਾਲਾ ।੧।ਰਹਾਉ।

ਧਾਧੇ—ਧੰਧਿਆਂ ਵਿਚ ਗ੍ਰਸੇ ਹੋਏ । ਕੇਲਾ—ਖ਼ੁਸ਼ੀਆਂ ।੨।

ਸੋਚੁ—ਚਿੰਤਾ-ਫ਼ਿਕਰ । ਪੋਚਾ—ਮਾਇਆ ਦਾ ਪ੍ਰਭਾਵ । ਜਚਨਾ—ਪੂਜਣ-ਜੋਗ, ਸੁੱਧ ।੩।

ਆਗੈ ਪਾਛੈ—ਲੋਕ ਪਰਲੋਕ ਵਿਚ । ਗੁਰਿ—ਗੁਰੂ ਨੇ । ਭੰਗਾ—ਵਿਘਨ । ਓਇ—ਉਸ ਵਿਚ ।੪।

ਅਰਥ:- (ਹੇ ਭਾਈ!) ਜੀਊਂਦਾ ਰਹੇ ਸਾਨੂੰ ਜਿੰਦ ਦੇਣ ਵਾਲਾ ਪਰਮਾਤਮਾ (ਪਰਮਾਤਮਾ ਆਪ ਸਦਾ ਕਾਇਮ ਰਹਿਣ ਵਾਲਾ ਹੈ, ਉਹੀ ਸਾਨੂੰ ਜੀਵਾਂ ਨੂੰ ਜਿੰਦ ਦੇਣ ਵਾਲਾ ਹੈ, ਤੇ) ਉਸ ਤੋਂ ਬਿਨਾ ਕੋਈ ਹੋਰ ਸਾਨੂੰ ਮਾਰਨ ਦੀ ਤਾਕਤ ਨਹੀਂ ਰੱਖਦਾ ।੧।ਰਹਾਉ।

(ਹੇ ਭਾਈ! ਅਸਾਡੀ ਜੀਵਾਂ ਦੀ ਪਰਮਾਤਮਾ ਤੋਂ ਵੱਖਰੀ ਕੋਈ ਹਸਤੀ ਨਹੀਂ । ਉਹ ਆਪ ਹੀ ਜੀਵਾਤਮਾ-ਰੂਪ ਵਿਚ ਸਰੀਰਾਂ ਦੇ ਅੰਦਰ ਵਰਤ ਰਿਹਾ ਹੈ) ਉਹ ਪਰਮਾਤਮਾ ਕਦੇ ਮਰਦਾ ਨਹੀਂ (ਸਾਡੇ ਅੰਦਰ ਭੀ ਉਹ ਆਪ ਹੀ ਹੈ) ਸਾਨੂੰ ਭੀ ਮੌਤ ਤੋਂ ਡਰ ਨਹੀਂ ਹੋਣਾ ਚਾਹੀਦਾ । ਉਹ ਪਰਮਾਤਮਾ ਕਦੇ ਨਾਸ ਨਹੀਂ ਹੁੰਦਾ, ਸਾਨੂੰ ਭੀ (ਵਿਨਾਸ਼ ਦੀ) ਕੋਈ ਚਿੰਤਾ ਨਹੀਂ ਹੋਣੀ ਚਾਹੀਦੀ । ਉਹ ਪ੍ਰਭੂ ਕੰਗਾਲ ਨਹੀਂ ਹੈ, ਅਸੀ ਭੀ ਆਪਣੇ ਆਪ ਨੂੰ ਭੁੱਖੇ-ਗਰੀਬ ਨਾਹ ਸਮਝੀਏ । ਉਸ ਨੂੰ ਕੋਈ ਦੁੱਖ ਨਹੀਂ ਪੋਂਹਦਾ, ਸਾਨੂੰ ਭੀ ਕੋਈ ਦੁੱਖ ਨਹੀਂ ਪੋਹਣਾ ਚਾਹੀਦਾ ।੧।

ਉਸ ਪਰਮਾਤਮਾ ਨੂੰ ਮਾਇਆ ਦੇ ਬੰਧਨ ਜਕੜ ਨਹੀਂ ਸਕਦੇ (ਇਸ ਵਾਸਤੇ ਅਸਲ ਵਿਚ) ਅਸੀ ਭੀ ਮਾਇਆ ਦੇ ਮੋਹ ਵਿਚ ਬੱਝੇ ਹੋਏ ਨਹੀਂ ਹਾਂ । ਉਸ ਨੂੰ ਕੋਈ ਮਾਇਕ ਦੌੜ-ਭੱਜ ਗ੍ਰਸ ਨਹੀਂ ਸਕਦੀ, ਅਸੀ ਭੀ ਧੰਧਿਆਂ ਵਿਚ ਗ੍ਰਸੇ ਹੋਏ ਨਹੀਂ ਹਾਂ । (ਸਾਡੇ ਅਸਲੇ) ਉਸ ਪਰਮਾਤਮਾ ਨੂੰ ਵਿਕਾਰਾਂ ਦੀ ਮੈਲ ਨਹੀਂ ਲੱਗ ਸਕਦੀ, ਸਾਨੂੰ ਭੀ ਮੈਲ ਨਹੀਂ ਲੱਗਣੀ ਚਾਹੀਦੀ । ਉਸ ਨੂੰ ਸਦਾ ਆਨੰਦ ਹੀ ਆਨੰਦ ਹੈ, ਅਸੀ ਭੀ ਸਦਾ ਖਿੜੇ ਹੀ ਰਹੀਏ ।੨।

(ਹੇ ਭਾਈ!) ਉਸ ਪਰਮਾਤਮਾ ਨੂੰ ਕੋਈ ਚਿੰਤਾ-ਫ਼ਿਕਰ ਨਹੀਂ ਵਿਆਪਦਾ (ਸਾਡੇ ਅੰਦਰ ਉਹ ਆਪ ਹੀ ਹੈ) ਸਾਨੂੰ ਭੀ ਕੋਈ ਫ਼ਿਕਰ ਨਹੀਂ ਪੋਹਣਾ ਚਾਹੀਦਾ । ਉਸ ਉਤੇ ਮਾਇਆ ਦਾ ਪ੍ਰਭਾਵ ਨਹੀਂ ਪੈਂਦਾ, ਸਾਡੇ ਉੱਤੇ ਭੀ ਕਿਉਂ ਪਏ? ਉਸ ਪਰਮਾਤਮਾ ਨੂੰ ਮਾਇਆ ਦਾ ਮਾਲਕ ਨਹੀਂ ਦਬਾ ਸਕਦਾ, ਸਾਨੂੰ ਭੀ ਮਾਇਆ ਦੀ ਤ੍ਰਿਸ਼ਨਾ ਨਹੀਂ ਵਿਆਪਣੀ ਚਾਹੀਦੀ । ਜਦੋਂ ਉਹ ਪਰਮਾਤਮਾ ਪਵਿਤ੍ਰ-ਸਰੂਪ ਹੈ (ਉਹੀ ਸਾਡੇ ਅੰਦਰ ਮੌਜੂਦ ਹੈ) ਤਾਂ ਅਸੀ ਭੀ ਸੁੱਧ-ਸਰੂਪ ਹੀ ਰਹਿਣੇ ਚਾਹੀਦੇ ਹਾਂ ।੩।

(ਹੇ ਭਾਈ!) ਸਾਡੀ ਕੋਈ ਵੱਖਰੀ ਹੋਂਦ ਨਹੀਂ ਹੈ (ਸਭਨਾਂ ਵਿਚ) ਉਹ ਪਰਮਾਤਮਾ ਆਪ ਹੀ ਆਪ ਹੈ । ਇਸ ਲੋਕ ਵਿਚ ਤੇ ਪਰਲੋਕ ਵਿਚ ਹਰ ਥਾਂ ਉਹ ਪਰਮਾਤਮਾ ਆਪ ਹੀ ਆਪ ਹੈ । ਹੇ ਨਾਨਕ! ਜਦੋਂ ਗੁਰੂ ਨੇ (ਸਾਡੇ ਅੰਦਰੋਂ ਸਾਡੀ ਮਿਥੀ ਹੋਈ ਵੱਖਰੀ ਹਸਤੀ ਦੇ) ਭਰਮ ਦੂਰ ਕਰ ਦਿੱਤੇ ਜੋ (ਸਾਡੇ ਉਸ ਨਾਲ ਇੱਕ-ਰੂਪ ਹੋਣ ਦੇ ਰਾਹ ਵਿਚ) ਵਿਘਨ (ਪਾ ਰਹੇ ਸਨ), ਤਦੋਂ ਅਸੀ ਉਸ (ਪਰਮਾਤਮਾ) ਨੂੰ ਮਿਲ ਕੇ ਉਸ ਨਾਲ ਇੱਕ-ਮਿਕ ਹੋ

ਜਾਂਦੇ ਹਾਂ ।੪।੩੨।੮੩।

ਆਸਾ ਮਹਲਾ ੫ ॥ ਅਨਿਕ ਭਾਂਤਿ ਕਰਿ ਸੇਵਾ ਕਰੀਐ ॥ ਜੀਉ ਪ੍ਰਾਨ ਧਨੁ ਆਗੈ ਧਰੀਐ ॥ ਪਾਨੀ ਪਖਾ ਕਰਉ ਤਜਿ ਅਭਿਮਾਨੁ ॥ ਅਨਿਕ ਬਾਰ ਜਾਈਐ ਕੁਰਬਾਨੁ ॥੧॥ ਸਾਈ ਸੁਹਾਗਣਿ ਜੋ ਪ੍ਰਭ ਭਾਈ ॥ ਤਿਸ ਕੈ ਸੰਗਿ ਮਿਲਉ ਮੇਰੀ ਮਾਈ ॥੧॥ ਰਹਾਉ ॥ ਦਾਸਨਿ ਦਾਸੀ ਕੀ ਪਨਿਹਾਰਿ ॥ ਉਨ੍ ਕੀ ਰੇਣੁ ਬਸੈ ਜੀਅ ਨਾਲਿ ॥ ਮਾਥੈ ਭਾਗੁ ਤ ਪਾਵਉ ਸੰਗੁ ॥ ਮਿਲੈ ਸੁਆਮੀ ਅਪੁਨੈ ਰੰਗਿ ॥੨॥ ਜਾਪ ਤਾਪ ਦੇਵਉ ਸਭ ਨੇਮਾ ॥ ਕਰਮ ਧਰਮ ਅਰਪਉ ਸਭ ਹੋਮਾ ॥ ਗਰਬੁ ਮੋਹੁ ਤਜਿ ਹੋਵਉ ਰੇਨ ॥ ਉਨ੍ ਕੈ ਸੰਗਿ ਦੇਖਉ ਪ੍ਰਭੁ ਨੈਨ ॥੩॥ ਨਿਮਖ ਨਿਮਖ ਏਹੀ ਆਰਾਧਉ ॥ ਦਿਨਸੁ ਰੈਣਿ ਏਹ ਸੇਵਾ ਸਾਧਉ ॥ ਭਏ ਕ੍ਰਿਪਾਲ ਗੁਪਾਲ ਗੋਬਿੰਦ ॥ ਸਾਧਸੰਗਿ ਨਾਨਕ ਬਖਸਿੰਦ ॥੪॥੩੩॥੮੪॥ {ਪੰਨਾ 391}

ਪਦਅਰਥ:- ਭਾਂਤਿ—ਤਰੀਕਾ । ਕਰੀਐ—ਕਰਨੀ ਚਾਹੀਦੀ ਹੈ । ਜੀਉ—ਜਿੰਦ! ਕਰਉ—ਮੈਂ ਕਰਾਂ, ਕਰਉਂ । ਤਜਿ—ਤਿਆਗ ਕੇ ।੧।

ਸਾਈ—ਉਹੀ (ਜੀਵ-ਇਸਤ੍ਰੀ) । ਸੁਹਾਗਣਿ—ਸੁਹਾਗ ਵਾਲੀ, ਖਸਮ-ਪ੍ਰਭੂ ਵਾਲੀ । ਭਾਈ—ਚੰਗੀ ਲੱਗੀ । ਮਾਈ—ਹੇ ਮਾਂ! ।੧।ਰਹਾਉ।

ਦਾਸਨਿ ਦਾਸੀ—ਦਾਸੀਆਂ ਦੀ ਦਾਸੀ । ਪਨਿਹਾਰਿ—ਪਾਣੀ ਭਰਨ ਵਾਲੀ । ਉਨ੍ ਕੀ—ਉਨ੍ਹਾਂ ਸੁਹਾਗਣਾਂ ਦੀ, ਉਹਨਾਂ ਸਤ-ਸੰਗੀਆਂ ਦੀ । ਰੇਣੁ—ਚਰਨ-ਧੂੜ । ਜੀਅ ਨਾਲਿ—ਜਿੰਦ ਦੇ ਨਾਲ । ਮਾਥੈ—ਮੱਥੇ ਉਤੇ । ਸੰਗੁ—ਸਾਧ, ਸੰਗਤਿ । ਰੰਗਿ—ਪ੍ਰੇਮ-ਰੰਗ ਵਿਚ ।੨।

ਦੇਵਉ—ਮੈਂ ਦੇ ਦਿਆਂ, ਦੇਵਉਂ । ਅਰਪਉ—ਮੈਂ ਭੇਟਾ ਕਰ ਦਿਆਂ । ਗਰਬੁ—ਅਹੰਕਾਰ । ਰੇਨ—ਚਰਨ-ਧੂੜ । ਨੈਨ—ਅੱਖਾਂ ਨਾਲ । ਹੋਮਾ—ਹਵਨ ਕੁੰਡ ।੩।

ਨਿਮਖ—ਅੱਖ ਝਮਕਣ ਜਿਤਨਾ ਸਮਾ । ਰੈਣਿ—ਰਾਤ । ਸਾਧਉ—ਮੈਂ ਸਾਧਾਂ । ਗੁਪਾਲ—ਧਰਤੀ ਦਾ ਪਾਲਣਹਾਰ । ਸਾਧ ਸੰਗਿ—ਸਾਧ ਸੰਗਤਿ ਵਿਚ । ਬਖਸਿੰਦ—ਮੇਹਰ ਕਰਨ ਵਾਲਾ ।੪।

ਅਰਥ:- ਹੇ ਮੇਰੀ ਮਾਂ! ਜੇਹੜੀ ਜੀਵ-ਇਸਤ੍ਰੀ ਪ੍ਰਭੂ-ਪਤੀ ਨੂੰ ਪਿਆਰੀ ਲੱਗ ਪੈਂਦੀ ਹੈ ਉਹੀ ਸੁਹਾਗ-ਭਾਗ ਵਾਲੀ ਹੋ ਜਾਂਦੀ ਹੈ । (ਜੇ ਮੇਰੇ ਉਤੇ ਮੇਹਰ ਹੋਵੇ, ਜੇ ਮੇਰੇ ਭਾਗ ਜਾਗਣ ਤਾਂ) ਮੈਂ ਭੀ ਉਸ ਸੁਹਾਗਣ ਦੀ ਸੰਗਤਿ ਵਿਚ ਮਿਲ ਬੈਠਾਂ ।੧।ਰਹਾਉ।

ਹੇ ਮਾਂ! (ਪ੍ਰਭੂ ਨੂੰ ਪਿਆਰੀ ਹੋ ਚੁਕੀ ਸਤ-ਸੰਗਣ ਜੀਵ-ਇਸਤ੍ਰੀ ਦੀ) ਸੇਵਾ ਅਨੇਕਾਂ ਤਰੀਕਿਆਂ ਨਾਲ ਕਰਨੀ ਚਾਹੀਦੀ ਹੈ ਇਹ ਜਿੰਦ ਇਹ ਪ੍ਰਾਣ ਤੇ (ਆਪਣਾ) ਧਨ (ਸਭ ਕੁਝ) ਉਸ ਦੇ ਅੱਗੇ ਰੱਖ ਦੇਣਾ ਚਾਹੀਦਾ ਹੈ (ਉਸ ਜੀਵ-ਇਸਤ੍ਰੀ ਤੋਂ) ਅਨੇਕਾਂ ਵਾਰੀ ਸਦਕੇ ਹੋਣਾ ਚਾਹੀਦਾ ਹੈ । (ਹੇ! ਮਾਂ ਜੇ ਮੇਰੇ ਉਤੇ ਕਿਰਪਾ ਹੋਵੇ ਤਾਂ) ਮੈਂ ਭੀ ਅਹੰਕਾਰ ਤਿਆਗ ਕੇ ਉਸ ਦਾ ਪਾਣੀ ਢੋਣ ਤੇ ਉਸ ਨੂੰ ਪੱਖਾ ਝੱਲਣ ਦੀ ਸੇਵਾ ਕਰਾਂ ।੧।

ਹੇ ਮਾਂ! ਮੇਰੇ ਮੱਥੇ ਉੱਤੇ (ਪੂਰਬਲੇ ਕਰਮਾਂ ਦਾ) ਭਾਗ ਜਾਗ ਪਏ ਤਾਂ ਮੈਂ ਉਹਨਾਂ ਸੁਹਾਗਣਾਂ ਦੀ ਸੰਗਤਿ ਹਾਸਲ ਕਰਾਂ, ਉਹਨਾਂ ਦੀਆਂ ਦਾਸੀਆਂ ਦੀ ਪਾਣੀ ਢੋਣ ਵਾਲੀ ਬਣਾਂ, ਉਹਨਾਂ ਸੁਹਾਗਣਾਂ ਦੀ ਚਰਨ-ਧੂੜ ਮੇਰੀ ਜਿੰਦ ਦੇ ਨਾਲ ਟਿਕੀ ਰਹੇ । (ਹੇ ਮਾਂ! ਸੁਹਾਗਣਾਂ ਦੀ ਸੰਗਤਿ ਦਾ ਸਦਕਾ ਹੀ) ਖਸਮ-ਪ੍ਰਭੂ ਆਪਣੇ ਪ੍ਰੇਮ-ਰੰਗ ਵਿਚ ਆ

ਕੇ ਮਿਲ ਪੈਂਦਾ ਹੈ ।੨।

(ਲੋਕ ਦੇਵਤਿਆਂ ਆਦਿਕ ਨੂੰ ਵੱਸ ਕਰਨ ਲਈ ਕਈ ਮੰਤ੍ਰਾਂ ਦੇ ਜਾਪ ਕਰਦੇ ਹਨ । ਕਈ ਜੰਗਲਾਂ ਵਿਚ ਜਾ ਕੇ ਧੂਣੀਆਂ ਤਪਾਂਦੇ ਹਨ, ਤੇ ਹੋਰ ਅਨੇਕਾਂ ਸਾਧਨ ਕਰਦੇ ਹਨ । ਕਈ ਲੋਕ ਤੀਰਥ-ਇਸ਼ਨਾਨ ਆਦਿਕ ਮਿਥੇ ਹੋਏ ਧਾਰਮਿਕ ਕਰਮ ਕਰਦੇ ਹਨ, ਜੱਗ-ਹੋਮ ਆਦਿਕ ਕਰਦੇ ਹਨ । ਪਰ, ਹੇ ਮਾਂ! ਉਹਨਾਂ ਸੁਹਾਗਣਾਂ ਦੀ ਸੰਗਤਿ ਦੇ ਵੱਟੇ ਵਿਚ) ਮੈਂ ਸਾਰੇ ਜਾਪ ਸਾਰੇ ਤਪ ਹੋਰ ਸਾਰੇ ਸਾਧਨ ਦੇਣ ਨੂੰ ਤਿਆਰ ਹਾਂ, ਸਾਰੇ (ਮਿਥੇ ਹੋਏ) ਧਾਰਮਿਕ ਕਰਮ ਸਾਰੇ ਜੱਗ-ਹੋਮ ਭੇਟਾ ਕਰਨ ਨੂੰ ਤਿਆਰ ਹਾਂ । (ਮੇਰੀ ਇਹ ਤਾਂਘ ਹੈ ਕਿ) ਅਹੰਕਾਰ ਛੱਡ ਕੇ ਮੋਹ ਤਿਆਗ ਕੇ ਮੈਂ ਉਹਨਾਂ ਸੁਹਾਗਣਾਂ ਦੇ ਚਰਨਾਂ ਦੀ ਧੂੜ ਬਣ ਜਾਵਾਂ (ਕਿਉਂਕਿ, ਹੇ ਮਾਂ!) ਉਹਨਾਂ ਸੁਹਾਗਣਾਂ ਦੀ ਸੰਗਤਿ ਵਿਚ ਰਹਿ ਕੇ ਹੀ ਮੈਂ ਪ੍ਰਭੂ-ਪਤੀ ਨੂੰ ਇਹਨਾਂ ਅੱਖਾਂ ਨਾਲ ਵੇਖ ਸਕਾਂਗੀ ।੩।

(ਹੇ ਮਾਂ!) ਮੈਂ ਪਲ ਪਲ ਇਹੀ ਸੁੱਖਣਾ ਸੁੱਖਦੀ ਹਾਂ (ਕਿ ਮੈਨੂੰ ਉਹਨਾਂ ਸੁਹਾਗਣਾਂ ਦੀ ਸੰਗਤਿ ਮਿਲੇ ਤੇ) ਮੈਂ ਦਿਨ ਰਾਤ ਉਹਨਾਂ ਦੀ ਸੇਵਾ ਦਾ ਸਾਧਨ ਕਰਦੀ ਰਹਾਂ ।

ਹੇ ਨਾਨਕ! ਜੇਹੜੀ ਜੀਵ-ਇਸਤ੍ਰੀ ਸਾਧ ਸੰਗਤਿ ਵਿਚ ਜਾ ਪਹੁੰਚਦੀ ਹੈ ਬਖ਼ਸ਼ਣਹਾਰ ਗੁਪਾਲ ਗੋਬਿੰਦ-ਪ੍ਰਭੂ ਜੀ ਉਸ ਉਤੇ ਦਇਆਵਾਨ ਹੋ ਜਾਂਦੇ ਹਨ ।੪।੩੩।੮੪।

ਆਸਾ ਮਹਲਾ ੫ ॥ ਪ੍ਰਭ ਕੀ ਪ੍ਰੀਤਿ ਸਦਾ ਸੁਖੁ ਹੋਇ ॥ ਪ੍ਰਭ ਕੀ ਪ੍ਰੀਤਿ ਦੁਖੁ ਲਗੈ ਨ ਕੋਇ ॥ ਪ੍ਰਭ ਕੀ ਪ੍ਰੀਤਿ ਹਉਮੈ ਮਲੁ ਖੋਇ ॥ ਪ੍ਰਭ ਕੀ ਪ੍ਰੀਤਿ ਸਦ ਨਿਰਮਲ ਹੋਇ ॥੧॥ ਸੁਨਹੁ ਮੀਤ ਐਸਾ ਪ੍ਰੇਮ ਪਿਆਰੁ ॥ ਜੀਅ ਪ੍ਰਾਨ ਘਟ ਘਟ ਆਧਾਰੁ ॥੧॥ ਰਹਾਉ ॥ ਪ੍ਰਭ ਕੀ ਪ੍ਰੀਤਿ ਭਏ ਸਗਲ ਨਿਧਾਨ ॥ ਪ੍ਰਭ ਕੀ ਪ੍ਰੀਤਿ ਰਿਦੈ ਨਿਰਮਲ ਨਾਮ ॥ ਪ੍ਰਭ ਕੀ ਪ੍ਰੀਤਿ ਸਦ ਸੋਭਾਵੰਤ ॥ ਪ੍ਰਭ ਕੀ ਪ੍ਰੀਤਿ ਸਭ ਮਿਟੀ ਹੈ ਚਿੰਤ ॥੨॥ ਪ੍ਰਭ ਕੀ ਪ੍ਰੀਤਿ ਇਹੁ ਭਵਜਲੁ ਤਰੈ ॥ ਪ੍ਰਭ ਕੀ ਪ੍ਰੀਤਿ ਜਮ ਤੇ ਨਹੀ ਡਰੈ ॥ ਪ੍ਰਭ ਕੀ ਪ੍ਰੀਤਿ ਸਗਲ ਉਧਾਰੈ ॥ ਪ੍ਰਭ ਕੀ ਪ੍ਰੀਤਿ ਚਲੈ ਸੰਗਾਰੈ ॥੩॥ ਆਪਹੁ ਕੋਈ ਮਿਲੈ ਨ ਭੂਲੈ ॥ ਜਿਸੁ ਕ੍ਰਿਪਾਲੁ ਤਿਸੁ ਸਾਧਸੰਗਿ ਘੂਲੈ ॥ ਕਹੁ ਨਾਨਕ ਤੇਰੈ ਕੁਰਬਾਣੁ ॥ ਸੰਤ ਓਟ ਪ੍ਰਭ ਤੇਰਾ ਤਾਣੁ ॥੪॥੩੪॥੮੫॥ {ਪੰਨਾ 391}

ਪਦਅਰਥ:- ਲਗੈ ਨ—ਪੋਹ ਨਹੀਂ ਸਕਦਾ । ਖੋਇ—ਨਾਸ ਕਰ ਲੈਂਦਾ ਹੈ । ਸਦ—ਸਦਾ । ਨਿਰਮਲ—ਪਵਿਤ੍ਰ ਕਰਨ ਵਾਲੀ ।੧।

ਮੀਤ—ਹੇ ਮਿੱਤਰ! ਜੀਅ ਆਧਾਰੁ—ਜਿੰਦ ਦਾ ਆਸਰਾ । ਘਟ ਘਟ—ਹਰੇਕ ਜੀਵ ਦਾ ।੧।ਰਹਾਉ।

ਨਿਧਾਨ—ਖ਼ਜ਼ਾਨੇ । ਰਿਦੈ—ਹਿਰਦੇ ਵਿਚ । ਚਿੰਤ—ਚਿੰਤਾ ।੨।

ਭਵਜਲੁ—ਸੰਸਾਰ-ਸਮੁੰਦਰ । ਉਧਾਰੈ—ਬਚਾ ਲੈਂਦਾ ਹੈ । ਸੰਗਾਰੈ—ਨਾਲ, ਸੰਗ ।੩।

ਆਪਹੁ—ਆਪਣੇ ਉੱਦਮ ਨਾਲ । ਭੂਲੇ—ਭੁੱਲਦਾ, ਕੁਰਾਹੇ ਪੈਂਦਾ । ਘੂਲੈ—ਮਿਲਾਂਦਾ ਹੈ । ਸੰਤ—ਸੰਤਾਂ ਨੂੰ ।੪।

ਅਰਥ:- ਹੇ ਮਿੱਤਰ! ਸੁਣੋ, (ਪਰਮਾਤਮਾ ਨਾਲ ਪਾਇਆ ਹੋਇਆ) ਪ੍ਰੇਮ-ਪਿਆਰ ਐਸੀ ਦਾਤਿ ਹੈ ਕਿ ਇਹ ਹਰੇਕ ਜੀਵ ਦੀ ਜਿੰਦ ਦਾ ਹਰੇਕ ਜੀਵ ਦੇ ਪ੍ਰਾਣਾਂ ਦਾ ਆਸਰਾ ਬਣ ਜਾਂਦਾ ਹੈ ।੧।ਰਹਾਉ।

ਹੇ ਮਿੱਤਰ! (ਜੇਹੜਾ ਮਨੁੱਖ) ਪਰਮਾਤਮਾ ਦੀ ਪ੍ਰੀਤਿ (ਆਪਣੇ ਹਿਰਦੇ ਵਿਚ ਵਸਾਂਦਾ ਹੈ ਉਸ ਨੂੰ) ਸਦਾ ਆਤਮਕ ਆਨੰਦ ਮਿਲਿਆ ਰਹਿੰਦਾ ਹੈ, (ਉਸ ਨੂੰ) ਕੋਈ ਦੁੱਖ ਪੋਹ ਨਹੀਂ ਸਕਦਾ, (ਉਹ ਮਨੁੱਖ ਆਪਣੇ ਅੰਦਰੋਂ) ਹਉਮੈ ਦੀ ਮੈਲ ਦੂਰ ਕਰ ਲੈਂਦਾ ਹੈ, (ਇਹ ਪ੍ਰੀਤਿ ਉਸ ਨੂੰ) ਸਦਾ ਪਵਿਤ੍ਰ ਜੀਵਨ ਵਾਲਾ ਬਣਾਈ ਰੱਖਦੀ ਹੈ ।੧।

ਹੇ ਮਿੱਤਰ! (ਜਿਸ ਮਨੁੱਖ ਦੇ ਹਿਰਦੇ ਵਿਚ) ਪਰਮਾਤਮਾ ਦੀ ਪ੍ਰੀਤਿ (ਆ ਵੱਸੀ ਉਸ ਨੂੰ, ਮਾਨੋ) ਸਾਰੇ ਖ਼ਜ਼ਾਨੇ (ਪ੍ਰਾਪਤ) ਹੋ ਗਏ, ਉਸ ਦੇ ਹਿਰਦੇ ਵਿਚ (ਜੀਵਨ ਨੂੰ) ਪਵਿਤ੍ਰ ਕਰਨ ਵਾਲਾ ਹਰਿ-ਨਾਮ (ਆ ਵੱਸਦਾ ਹੈ), (ਉਹ ਲੋਕ ਪਰਲੋਕ ਵਿਚ) ਸਦਾ ਸੋਭਾ-ਵਡਿਆਈ ਵਾਲਾ ਬਣਿਆ ਰਹਿੰਦਾ ਹੈ, ਉਸ ਦੀ ਹਰੇਕ ਕਿਸਮ ਦੀ ਚਿੰਤਾ ਮਿਟ ਜਾਂਦੀ ਹੈ ।੨।

ਹੇ ਮਿੱਤਰ! (ਜਿਸ ਮਨੁੱਖ ਦੇ ਹਿਰਦੇ ਵਿਚ) ਪਰਮਾਤਮਾ ਦੀ ਪ੍ਰੀਤਿ (ਆ ਵੱਸਦੀ ਹੈ) ਉਹ ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ, ਉਹ ਜਮ-ਦੂਤਾਂ ਤੋਂ ਭੈ ਨਹੀਂ ਖਾਂਦਾ (ਉਸ ਨੂੰ ਆਤਮਕ ਮੌਤ ਪੋਹ ਨਹੀਂ ਸਕਦੀ । ਉਹ ਆਪ ਵਿਕਾਰਾਂ ਤੋਂ ਬਚਿਆ ਰਹਿੰਦਾ ਹੈ ਤੇ) ਹੋਰ ਸਭਨਾਂ ਨੂੰ (ਵਿਕਾਰਾਂ ਤੋਂ) ਬਚਾ ਲੈਂਦਾ ਹੈ । (ਹੇ ਮਿੱਤਰ!) ਪਰਮਾਤਮਾ ਦੀ ਪ੍ਰੀਤਿ (ਹੀ ਇਕ ਐਸੀ ਰਾਸਿ-ਪੂੰਜੀ ਹੈ ਜੋ) ਸਦਾ ਮਨੁੱਖ ਦੇ ਨਾਲ ਸਾਥ ਕਰਦੀ ਹੈ ।੩।

(ਪਰ, ਹੇ ਮਿੱਤਰ! ਪਰਮਾਤਮਾ ਨਾਲ ਪ੍ਰੀਤਿ ਜੋੜਨੀ ਕਿਸੇ ਮਨੁੱਖ ਦੇ ਆਪਣੇ ਵੱਸ ਦੀ ਗੱਲ ਨਹੀਂ) ਆਪਣੇ ਉੱਦਮ ਨਾਲ ਨਾਹ ਕੋਈ ਮਨੁੱਖ (ਪਰਮਾਤਮਾ ਦੇ ਚਰਨਾਂ ਵਿਚ) ਜੁੜਿਆ ਰਹਿ ਸਕਦਾ ਹੈ ਤੇ ਨਾਹ ਕੋਈ (ਵਿਛੁੜ ਕੇ) ਕੁਰਾਹੇ ਪੈਂਦਾ ਹੈ । ਜਿਸ ਮਨੁੱਖ ਉੱਤੇ ਪ੍ਰਭੂ ਦਇਆਵਾਨ ਹੁੰਦਾ ਹੈ ਉਸ ਨੂੰ ਸਾਧ ਸੰਗਤਿ ਵਿਚ ਮਿਲਾਂਦਾ ਹੈ (ਤੇ, ਸਾਧ ਸੰਗਤਿ ਵਿਚ ਟਿਕ ਕੇ ਉਹ ਪਰਮਾਤਮਾ ਨਾਲ ਪਿਆਰ ਪਾਣਾ ਸਿੱਖ ਲੈਂਦਾ ਹੈ) ।

ਹੇ ਨਾਨਕ! ਆਖ—ਹੇ ਪ੍ਰਭੂ! ਮੈਂ ਤੈਥੋਂ ਕੁਰਬਾਨ ਜਾਂਦਾ ਹਾਂ, ਤੂੰ ਹੀ ਸੰਤਾਂ ਦੀ ਓਟ ਹੈਂ ਤੂੰ ਹੀ ਸੰਤਾਂ ਦਾ ਤਾਣ-ਬਲ ਹੈਂ ।੪।੩੪।੮੫।

ਆਸਾ ਮਹਲਾ ੫ ॥ ਭੂਪਤਿ ਹੋਇ ਕੈ ਰਾਜੁ ਕਮਾਇਆ ॥ ਕਰਿ ਕਰਿ ਅਨਰਥ ਵਿਹਾਝੀ ਮਾਇਆ ॥ ਸੰਚਤ ਸੰਚਤ ਥੈਲੀ ਕੀਨ੍ਹੀ ॥ ਪ੍ਰਭਿ ਉਸ ਤੇ ਡਾਰਿ ਅਵਰ ਕਉ ਦੀਨ੍ਹੀ ॥੧॥ ਕਾਚ ਗਗਰੀਆ ਅੰਭ ਮਝਰੀਆ ॥ ਗਰਬਿ ਗਰਬਿ ਉਆਹੂ ਮਹਿ ਪਰੀਆ ॥੧॥ ਰਹਾਉ ॥ ਨਿਰਭਉ ਹੋਇਓ ਭਇਆ ਨਿਹੰਗਾ ॥ ਚੀਤਿ ਨ ਆਇਓ ਕਰਤਾ ਸੰਗਾ ॥ ਲਸਕਰ ਜੋੜੇ ਕੀਆ ਸੰਬਾਹਾ ॥ ਨਿਕਸਿਆ ਫੂਕ ਤ ਹੋਇ ਗਇਓ ਸੁਆਹਾ ॥੨॥ ਊਚੇ ਮੰਦਰ ਮਹਲ ਅਰੁ ਰਾਨੀ ॥ ਹਸਤਿ ਘੋੜੇ ਜੋੜੇ ਮਨਿ ਭਾਨੀ ॥ ਵਡ ਪਰਵਾਰੁ ਪੂਤ ਅਰੁ ਧੀਆ ॥ ਮੋਹਿ ਪਚੇ ਪਚਿ ਅੰਧਾ ਮੂਆ ॥੩॥ ਜਿਨਹਿ ਉਪਾਹਾ ਤਿਨਹਿ ਬਿਨਾਹਾ ॥ ਰੰਗ ਰਸਾ ਜੈਸੇ ਸੁਪਨਾਹਾ ॥ ਸੋਈ ਮੁਕਤਾ ਤਿਸੁ ਰਾਜੁ ਮਾਲੁ ॥ ਨਾਨਕ ਦਾਸ ਜਿਸੁ ਖਸਮੁ ਦਇਆਲੁ ॥੪॥੩੫॥੮੬॥ {ਪੰਨਾ 392}

ਪਦਅਰਥ:- ਭੂਪਤਿ—{ਭੂ-ਧਰਤੀ । ਪਤਿ—ਮਾਲਕ} ਰਾਜਾ । ਅਨਰਥ—ਧੱਕੇ, ਪਾਪ । ਵਿਹਾਝੀ—ਇਕੱਠੀ ਕਰ ਲਈ । ਸੰਚਤ—ਇਕੱਠੀ ਕਰਦਿਆਂ । ਕੀਨ੍ਹੀ—ਬਣਾ ਲਈ । ਪ੍ਰਭਿ—ਪ੍ਰਭੂ ਨੇ । ਥੈਲੀ—(ਭਾਵ) ਖ਼ਜ਼ਾਨਾ । ਡਾਰਿ—ਸੁਟਾ ਕੇ ।੧।

ਕਾਚ ਗਗਰੀਆ—ਕੱਚੀ ਮਿੱਟੀ ਦੀ ਗਾਗਰ । ਅੰਭ—ਪਾਣੀ {AMBs} । ਮਝਰੀਆ—ਵਿੱਚ । ਗਰਬਿ—ਅਹੰਕਾਰ ਕਰ ਕੇ । ਉਆ ਹੂ ਮਹਿ—ਉਸੇ (ਸੰਸਾਰ-ਸਮੁੰਦਰ) ਵਿਚ ਹੀ । ਪਰੀਆ—ਪੈ ਜਾਂਦੀ ਹੈ, ਡੁੱਬ

ਜਾਂਦੀ ਹੈ ।੧।ਰਹਾਉ।

ਨਿਰਭਉ—ਨਿਡਰ, ਨਿਧੜਕ । ਨਿਹੰਗਾ—ਨਿਸੰਗ, ਢੀਠ । ਚੀਤਿ—ਚਿੱਤ ਵਿਚ । ਕਰਤਾ—ਕਰਤਾਰ । ਜੋੜੇ—ਜਮ੍ਹਾ ਕੀਤੇ । ਸੰਬਾਹਾ—ਇਕੱਠ ।੨।

ਅਰੁ—ਅਤੇ । ਹਸਤਿ—ਹਾਥੀ । ਜੋੜੇ—ਕੱਪੜੇ । ਮਨਿ ਭਾਨੀ—ਮਨ-ਭਾਉਂਦੇ । ਮੋਹਿ—ਮੋਹ ਵਿਚ । ਪਚੇ ਪਚਿ—ਪਚਿ ਪਚਿ, ਸੜ ਸੜ ਕੇ, ਖ਼ੁਆਰ ਹੋ ਹੋ ਕੇ । ਮੂਆ—ਆਤਮਕ ਮੌਤੇ ਮਰ ਗਿਆ ।੩।

ਜਿਨਹਿ—ਜਿਸ (ਪਰਮਾਤਮਾ) ਨੇ । ਉਪਾਹਾ—ਪੈਦਾ ਕੀਤਾ । ਬਿਨਾਹਾ—ਨਾਸ ਕਰ ਦਿੱਤਾ ।੪।

ਅਰਥ:- (ਹੇ ਭਾਈ! ਇਹ ਮਨੁੱਖਾ ਸਰੀਰ ਪਾਣੀ ਵਿਚ ਪਈ ਹੋਈ) ਕੱਚੀ ਮਿੱਟੀ ਦੀ ਗਾਗਰ (ਵਾਂਗ ਹੈ ਜੋ ਹਵਾ ਨਾਲ ਉਛਲ-ਉਛਲ ਕੇ) ਪਾਣੀ ਵਿਚ ਹੀ (ਗਲ ਜਾਂਦੀ ਹੈ । ਇਸੇ ਤਰ੍ਹਾਂ ਮਨੁੱਖ) ਅਹੰਕਾਰ ਕਰ ਕਰ ਕੇ ਉਸੇ (ਸੰਸਾਰ-ਸਮੁੰਦਰ) ਵਿਚ ਹੀ ਡੁੱਬ ਜਾਂਦਾ ਹੈ (ਆਪਣਾ ਆਤਮਕ ਜੀਵਨ ਗ਼ਰਕ ਕਰ ਲੈਂਦਾ ਹੈ) ।੧।ਰਹਾਉ।

(ਹੇ ਭਾਈ! ਜੇ ਕਿਸੇ ਨੇ) ਰਾਜਾ ਬਣ ਕੇ ਰਾਜ (ਦਾ ਅਨੰਦ ਭੀ) ਮਾਣ ਲਿਆ (ਲੋਕਾਂ ਉਤੇ) ਵਧੀਕੀਆਂ ਕਰ ਕਰ ਕੇ ਮਾਲ-ਧਨ ਭੀ ਜੋੜ ਲਿਆ, ਜੋੜਦਿਆਂ ਜੋੜਦਿਆਂ (ਜੇ ਉਸ ਨੇ) ਖ਼ਜ਼ਾਨਾ (ਭੀ) ਬਣਾ ਲਿਆ (ਤਾਂ ਭੀ ਕੀਹ ਹੋਇਆ?) ਪਰਮਾਤਮਾ ਨੇ (ਆਖ਼ਰ) ਉਸ ਪਾਸੋਂ ਖੋਹ ਕੇ ਕਿਸੇ ਹੋਰ ਨੂੰ ਦੇ ਦਿੱਤਾ (ਮੌਤ ਵੇਲੇ ਉਹ ਆਪਣੇ ਨਾਲ ਤਾਂ ਨਾਹ ਲੈ ਜਾ ਸਕਿਆ) ।੧।

(ਹੇ ਭਾਈ! ਰਾਜ ਦੇ ਮਾਣ ਵਿਚ ਜੇ ਉਹ ਮੌਤ ਵਲੋਂ) ਨਿਡਰ ਹੋ ਗਿਆ ਨਿਧੜਕ ਹੋ ਗਿਆ (ਜੇ ਉਸ ਨੂੰ) ਹਰ ਵੇਲੇ ਨਾਲ-ਵੱਸਦਾ ਕਰਤਾਰ ਕਦੇ ਯਾਦ ਨਾਹ ਆਇਆ (ਜੇ ਉਸ ਨੇ) ਫ਼ੌਜਾਂ ਜਮ੍ਹਾਂ ਕਰ ਕਰ ਕੇ ਬੜਾ ਲਸ਼ਕਰ ਬਣਾ ਲਿਆ (ਤਾਂ ਭੀ ਕੀਹ ਹੋਇਆ?) ਜਦੋਂ (ਅੰਤ ਵੇਲੇ) ਉਸ ਦੇ ਸੁਆਸ ਨਿਕਲ ਗਏ ਤਾਂ (ਉਸ ਦਾ ਸਰੀਰ) ਮਿੱਟੀ ਹੋ ਗਿਆ ।੨।

(ਹੇ ਭਾਈ! ਜੇ ਉਸ ਨੂੰ) ਉੱਚੇ ਮਹਲ ਮਾੜੀਆਂ (ਰਹਿਣ ਲਈ ਮਿਲ ਗਏ) ਅਤੇ (ਸੁੰਦਰ) ਰਾਣੀ (ਮਿਲ ਗਈ । ਜੇ ਉਸ ਨੇ) ਹਾਥੀ ਘੋੜੇ (ਵਧੀਆ) ਮਨ-ਭਾਉਂਦੇ ਕੱਪੜੇ (ਇਕੱਠੇ ਕਰ ਲਏ । ਜੇ ਉਹ) ਪੁੱਤਰਾਂ ਧੀਆਂ ਵਾਲਾ ਵੱਡੇ ਪਰਵਾਰ ਵਾਲਾ ਬਣ ਗਿਆ, ਤਾਂ ਭੀ ਤਾਂ (ਮਾਇਆ ਦੇ) ਮੋਹ ਵਿਚ ਖ਼ੁਆਰ ਹੋ ਹੋ ਕੇ (ਉਹ ਮਾਇਆ ਦੇ) ਮੋਹ ਵਿਚ (ਅੰਨ੍ਹਾ ਹੋਇਆ ਹੋਇਆ) ਆਤਮਕ ਮੌਤ ਹੀ ਸਹੇੜ ਬੈਠਾ ।੩।

(ਹੇ ਭਾਈ!) ਜਿਸ ਪਰਮਾਤਮਾ ਨੇ (ਉਸ ਨੂੰ) ਪੈਦਾ ਕੀਤਾ ਸੀ ਉਸੇ ਨੇ ਉਸ ਨੂੰ ਨਾਸ ਭੀ ਕਰ ਦਿੱਤਾ, ਉਸ ਦੇ ਮਾਣੇ ਹੋਏ ਰੰਗ-ਤਮਾਸ਼ੇ ਤੇ ਮੌਜ ਮੇਲੇ ਸੁਪਨੇ ਵਾਂਗ ਹੋ ਗਏ ।

ਹੇ ਦਾਸ ਨਾਨਕ! (ਆਖ—) ਉਹੀ ਮਨੁੱਖ (ਮਾਇਆ ਦੇ ਮੋਹ ਤੋਂ) ਬਚਿਆ ਰਹਿੰਦਾ ਹੈ ਉਸ ਦੇ ਪਾਸ (ਸਦਾ ਕਾਇਮ ਰਹਿਣ ਵਾਲਾ) ਰਾਜ ਤੇ ਧਨ ਹੈ ਜਿਸ ਉੱਤੇ ਖਸਮ ਪ੍ਰਭੂ ਦਇਆਵਾਨ ਹੁੰਦਾ ਹੈ (ਤੇ ਜਿਸ ਨੂੰ ਆਪਣੇ ਨਾਮ ਦਾ ਖ਼ਜ਼ਾਨਾ ਬਖ਼ਸ਼ਦਾ ਹੈ) ।੪।੩੫।੮੬।

ਆਸਾ ਮਹਲਾ ੫ ॥ ਇਨ੍ ਸਿਉ ਪ੍ਰੀਤਿ ਕਰੀ ਘਨੇਰੀ ॥ ਜਉ ਮਿਲੀਐ ਤਉ ਵਧੈ ਵਧੇਰੀ ॥ ਗਲਿ ਚਮੜੀ ਜਉ ਛੋਡੈ ਨਾਹੀ ॥ ਲਾਗਿ ਛੁਟੋ ਸਤਿਗੁਰ ਕੀ ਪਾਈ ॥੧॥ ਜਗ ਮੋਹਨੀ ਹਮ ਤਿਆਗਿ ਗਵਾਈ ॥ ਨਿਰਗੁਨੁ ਮਿਲਿਓ ਵਜੀ ਵਧਾਈ ॥੧॥ ਰਹਾਉ ॥ ਐਸੀ ਸੁੰਦਰਿ ਮਨ ਕਉ ਮੋਹੈ ॥ ਬਾਟਿ ਘਾਟਿ ਗ੍ਰਿਹਿ ਬਨਿ ਬਨਿ ਜੋਹੈ ॥ ਮਨਿ ਤਨਿ ਲਾਗੈ ਹੋਇ ਕੈ ਮੀਠੀ ॥ ਗੁਰ ਪ੍ਰਸਾਦਿ ਮੈ ਖੋਟੀ

ਡੀਠੀ ॥੨॥ ਅਗਰਕ ਉਸ ਕੇ ਵਡੇ ਠਗਾਊ ॥ ਛੋਡਹਿ ਨਾਹੀ ਬਾਪ ਨ ਮਾਊ ॥ ਮੇਲੀ ਅਪਨੇ ਉਨਿ ਲੇ ਬਾਂਧੇ ॥ ਗੁਰ ਕਿਰਪਾ ਤੇ ਮੈ ਸਗਲੇ ਸਾਧੇ ॥੩॥ ਅਬ ਮੋਰੈ ਮਨਿ ਭਇਆ ਅਨੰਦ ॥ ਭਉ ਚੂਕਾ ਟੂਟੇ ਸਭਿ ਫੰਦ ॥ ਕਹੁ ਨਾਨਕ ਜਾ ਸਤਿਗੁਰੁ ਪਾਇਆ ॥ ਘਰੁ ਸਗਲਾ ਮੈ ਸੁਖੀ ਬਸਾਇਆ ॥੪॥੩੬॥੮੭॥ {ਪੰਨਾ 392}

ਪਦਅਰਥ:- ਇਨ੍ ਸਿਉ—ਇਸ (ਮਾਇਆ) ਨਾਲ । ਘਨੇਰੀ—ਬਹੁਤੀ । ਜਉ ਮਿਲੀਐ—ਜਦੋਂ ਇਸ ਨਾਲ ਸਾਥ ਬਣਾਈਏ । ਗਲਿ—ਗਲ ਨਾਲ । ਲਾਗਿ—ਲੱਗ ਕੇ । ਛੁਟੋ—ਛੁਟਾ, ਬਚਦਾ ਹੈ । ਪਾਈ—ਪੈਰੀਂ ।੧।

ਜਗ ਮੋਹਨੀ—ਜਗਤ ਨੂੰ ਮੋਹਨ ਵਾਲੀ । ਨਿਰਗੁਨੁ—ਮਾਇਆ ਦੇ ਤਿੰਨ ਗੁਣਾਂ ਤੋਂ ਉਤਾਂਹ ਰਹਿਣ ਵਾਲਾ ਪ੍ਰਭੂ । ਵਧਾਈ—ਮਨ ਦੀ ਚੜ੍ਹਦੀ ਕਲਾ, ਉਤਸ਼ਾਹ-ਭਰੀ ਅਵਸਥਾ । ਵਜੀ—ਵੱਜ ਪਈ (ਜਿਵੇਂ ਵਾਜਾ ਵੱਜਦਾ ਹੈ), ਪ੍ਰਬਲ ਹੋ ਗਈ ।੧।ਰਹਾਉ।

ਸੁੰਦਰਿ—ਸੁੰਦਰੀ, ਮੋਹਣੀ । ਬਾਟਿ—ਰਸਤੇ ਵਿਚ । ਘਾਟਿ—ਪੱਤਣ ਉਤੇ । ਗ੍ਰਿਹਿ—ਘਰ ਵਿਚ । ਬਨਿ—ਜੰਗਲ ਵਿਚ । ਜੋਹੈ—ਤੱਕਦੀ ਹੈ । ਮਨਿ—ਮਨ ਵਿਚ । ਤਨਿ—ਤਨ ਵਿਚ, ਹਿਰਦੇ ਵਿਚ । ਪ੍ਰਸਾਦਿ—ਕਿਰਪਾ ਨਾਲ ।੨।

ਅਗਰਕ—ਅੱਗੇ ਅੱਗੇ ਤੁਰਨ ਵਾਲੇ, ਚੌਧਰੀ, ਮੁਸਾਹਬ । ਠਗਾਊ—ਠੱਗ । ਉਨਿ—ਉਹਨਾਂ (ਅਗਰਕਾਂ) ਨੇ । ਸਾਧੇ—ਕਾਬੂ ਕਰ ਲਏ ।੩।

ਮੋਰੈ ਮਨਿ—ਮੇਰੇ ਮਨ ਵਿਚ । ਸਭਿ—ਸਾਰੇ । ਫੰਦ—ਫਾਹੇ ।੪।

ਅਰਥ:- (ਹੇ ਭਾਈ! ਗੁਰੂ ਦੀ ਕਿਰਪਾ ਨਾਲ ਜਦੋਂ ਤੋਂ) ਮੈਨੂੰ ਮਾਇਆ ਦੇ ਤਿੰਨ ਗੁਣਾਂ ਦੇ ਪ੍ਰਭਾਵ ਤੋਂ ਉਤਾਂਹ ਰਹਿਣ ਵਾਲਾ ਪਰਮਾਤਮਾ ਮਿਲਿਆ ਹੈ ਮੇਰੇ ਅੰਦਰ ਉਤਸ਼ਾਹ-ਭਰੀ ਅਵਸਥਾ ਪ੍ਰਬਲ ਹੋ ਗਈ ਹੈ, ਤਦੋਂ ਤੋਂ ਹੀ ਮੈਂ ਸਾਰੇ ਜਗਤ ਨੂੰ ਮੋਹਣ ਵਾਲੀ ਮਾਇਆ (ਦੇ ਮੋਹ) ਨੂੰ ਤਿਆਗ ਕੇ ਪਰੇ ਸੁੱਟ ਦਿੱਤਾ ਹੈ ।੧।ਰਹਾਉ।

(ਹੇ ਭਾਈ!) ਜੇ ਇਸ (ਮਾਇਆ) ਨਾਲ ਬਹੁਤੀ ਪ੍ਰੀਤਿ ਕਰੀਏ ਤਾਂ ਜਿਉਂ ਜਿਉਂ ਇਸ ਨਾਲ ਸਾਥ ਬਣਾਈਦਾ ਹੈ, ਤਿਉਂ ਤਿਉਂ ਇਸ ਨਾਲ ਮੋਹ ਵਧਦਾ ਜਾਂਦਾ ਹੈ । (ਆਖ਼ਰ) ਜਦੋਂ ਇਹ ਗਲ ਨਾਲ ਚੰਬੜੀ ਹੋਈ ਛੱਡਦੀ ਹੀ ਨਹੀਂ, ਤਦੋਂ ਸਤਿਗੁਰੂ ਦੀ ਚਰਨੀਂ ਲੱਗ ਕੇ ਹੀ ਇਸ ਤੋਂ ਖ਼ਲਾਸੀ ਪਾਈਦੀ ਹੈ ।੧।

(ਹੇ ਭਾਈ! ਇਹ ਮਾਇਆ) ਐਸੀ ਸੋਹਣੀ ਹੈ ਕਿ (ਮਨੁੱਖ ਦੇ) ਮਨ ਨੂੰ (ਤੁਰਤ) ਮੋਹ ਲੈਂਦੀ ਹੈ । ਰਸਤੇ ਵਿਚ (ਤੁਰਦਿਆਂ) ਪੱਤਣ ਉਤੇ (ਲੰਘਦਿਆਂ) ਘਰ ਵਿਚ (ਬੈਠਿਆਂ) ਜੰਗਲ ਜੰਗਲ ਵਿਚ (ਭੌਂਦਿਆਂ ਇਹ ਮਨ ਨੂੰ ਮੋਹਣ ਵਾਸਤੇ) ਤੱਕ ਲਾਈ ਰੱਖਦੀ ਹੈ । ਮਿੱਠੀ ਬਣ ਕੇ ਇਹ ਮਨ ਵਿਚ ਤਨ ਵਿਚ ਆ ਚੰਬੜਦੀ ਹੈ । ਪਰ ਮੈਂ ਗੁਰੂ ਦੀ ਕਿਰਪਾ ਨਾਲ ਵੇਖ ਲਿਆ ਹੈ ਕਿ ਇਹ ਬੜੀ ਖੋਟੀ ਹੈ ।੨।

(ਹੇ ਭਾਈ! ਕਾਮਾਦਿਕ) ਉਸ ਮਾਇਆ ਦੇ ਮੁਸਾਹਬ (ਵੀ) ਵੱਡੇ ਠੱਗ ਹਨ, ਮਾਂ ਹੋਵੇ ਪਿਉ ਹੋਵੇ ਕਿਸੇ ਨੂੰ ਠੱਗਣੋਂ ਛੱਡਦੇ ਨਹੀਂ । ਜਿਨ੍ਹਾਂ ਜਿਨ੍ਹਾਂ ਨੇ ਇਹਨਾਂ ਨਾਲ ਮੇਲ-ਮੁਲਾਕਾਤ ਪਾਈ, ਉਹਨਾਂ ਨੂੰ ਇਹਨਾਂ ਮੁਸਾਹਬਾਂ ਨੇ ਚੰਗੀ ਤਰ੍ਹਾਂ ਬੰਨ੍ਹ ਲਿਆ, ਪਰ ਮੈਂ ਗੁਰੂ ਦੀ ਕਿਰਪਾ ਨਾਲ ਇਹਨਾਂ ਸਾਰਿਆਂ ਨੂੰ ਕਾਬੂ ਕਰ ਲਿਆ ਹੈ ।੩।

ਹੇ ਨਾਨਕ! ਜਦੋਂ ਦਾ ਮੈਨੂੰ ਸਤਿਗੁਰੂ ਮਿਲ ਪਿਆ ਹੈ ਤਦੋਂ ਤੋਂ ਹੁਣ ਮੇਰੇ ਮਨ ਵਿਚ ਆਤਮਕ ਆਨੰਦ ਬਣਿਆ ਰਹਿੰਦਾ ਹੈ (ਮੇਰੇ ਅੰਦਰੋਂ ਇਹਨਾਂ ਕਾਮਾਦਿਕ ਮੁਸਾਹਬਾਂ ਦਾ) ਡਰ-ਭਉ ਲਹਿ ਗਿਆ ਹੈ ਇਹਨਾਂ ਦੇ ਪਾਏ ਹੋਏ ਸਾਰੇ ਫਾਹੇ ਟੁਟ ਗਏ ਹਨ । ਮੈਂ ਹੁਣ ਆਪਣਾ ਸਾਰਾ ਘਰ ਸੁਖੀ ਵਸਾ ਲਿਆ ਹੈ (ਮੇਰੇ ਸਾਰੇ ਗਿਆਨ-ਇੰਦ੍ਰਿਆਂ

ਵਾਲਾ ਪਰਵਾਰ ਇਹਨਾਂ ਦੀ ਮਾਰ ਤੋਂ ਬਚ ਕੇ ਆਤਮਕ ਆਨੰਦ ਮਾਣ ਰਿਹਾ ਹੈ) ।੪।੩੬।੮੭।

ਆਸਾ ਮਹਲਾ ੫ ॥ ਆਠ ਪਹਰ ਨਿਕਟਿ ਕਰਿ ਜਾਨੈ ॥ ਪ੍ਰਭ ਕਾ ਕੀਆ ਮੀਠਾ ਮਾਨੈ ॥ ਏਕੁ ਨਾਮੁ ਸੰਤਨ ਆਧਾਰੁ ॥ ਹੋਇ ਰਹੇ ਸਭ ਕੀ ਪਗ ਛਾਰੁ ॥੧॥ ਸੰਤ ਰਹਤ ਸੁਨਹੁ ਮੇਰੇ ਭਾਈ ॥ ਉਆ ਕੀ ਮਹਿਮਾ ਕਥਨੁ ਨ ਜਾਈ ॥੧॥ ਰਹਾਉ ॥ ਵਰਤਣਿ ਜਾ ਕੈ ਕੇਵਲ ਨਾਮ ॥ ਅਨਦ ਰੂਪ ਕੀਰਤਨੁ ਬਿਸ੍ਰਾਮ ॥ ਮਿਤ੍ਰ ਸਤ੍ਰ ਜਾ ਕੈ ਏਕ ਸਮਾਨੈ ॥ ਪ੍ਰਭ ਅਪੁਨੇ ਬਿਨੁ ਅਵਰੁ ਨ ਜਾਨੈ ॥੨॥ ਕੋਟਿ ਕੋਟਿ ਅਘ ਕਾਟਨਹਾਰਾ ॥ ਦੁਖ ਦੂਰਿ ਕਰਨ ਜੀਅ ਕੇ ਦਾਤਾਰਾ ॥ ਸੂਰਬੀਰ ਬਚਨ ਕੇ ਬਲੀ ॥ ਕਉਲਾ ਬਪੁਰੀ ਸੰਤੀ ਛਲੀ ॥੩॥ ਤਾ ਕਾ ਸੰਗੁ ਬਾਛਹਿ ਸੁਰਦੇਵ ॥ ਅਮੋਘ ਦਰਸੁ ਸਫਲ ਜਾ ਕੀ ਸੇਵ ॥ ਕਰ ਜੋੜਿ ਨਾਨਕੁ ਕਰੇ ਅਰਦਾਸਿ ॥ ਮੋਹਿ ਸੰਤਹ ਟਹਲ ਦੀਜੈ ਗੁਣਤਾਸਿ ॥੪॥੩੭॥੮੮॥
{ਪੰਨਾ 392}

ਪਦਅਰਥ:- ਨਿਕਟਿ—ਨੇੜੇ । ਮਾਨੈ—ਮੰਨਦਾ ਹੈ । ਸੰਤਨ—ਸੰਤਾਂ ਦਾ । ਆਧਾਰੁ—ਆਸਰਾ । ਪਗ—ਪੈਰ । ਛਾਰੁ—ਸੁਆਹ, ਧੂੜ ।੧।

ਰਹਤ—ਜੀਵਨ-ਜੁਗਤਿ, ਰਹਿਣੀ । ਉਆ ਕੀ—ਉਸ (ਰਹਿਤ) ਦੀ । ਮਹਿਮਾ—ਵਡਿਆਈ ।੧।ਰਹਾਉ।

ਵਰਤਣਿ—ਰੋਜ਼ ਦਾ ਆਹਰ । ਜਾ ਕੈ—ਜਿਸ ਦੇ ਹਿਰਦੇ ਵਿਚ । ਅਨਦ ਰੂਪ ਕੀਰਤਨੁ—ਆਨੰਦ-ਸਰੂਪ ਪ੍ਰਭੂ ਦੀ ਸਿਫ਼ਤਿ-ਸਾਲਾਹ । ਬਿਸ੍ਰਾਮ—ਟੇਕ, ਸਹਾਰਾ । ਸਤ੍ਰ—ਵੈਰੀ । ਸਮਾਨ—ਬਰਾਬਰ ।੨।

ਅਘ—ਪਾਪ । ਕਾਟਨਹਾਰਾ—ਕੱਟਣ ਦੀ ਤਾਕਤ ਵਾਲਾ । ਜੀਅ ਕੇ ਦਾਤਾਰਾ—ਆਤਮਕ ਜੀਵਨ ਦੇਣ ਵਾਲੇ । ਸੂਰਬੀਰ—ਸੂਰਮੇ । ਬਲੀ—ਬਹਾਦਰ । ਕਉਲਾ—ਮਾਇਆ । ਬਪੁਰੀ—ਵਿਚਾਰੀ । ਸੰਤੀ—ਸੰਤਾਂ ਨੇ । ਛਲੀ—ਵੱਸ ਵਿਚ ਕਰ ਲਈ ।੩।

ਤਾ ਕਾ—ਉਸ (ਸੰਤ) ਦਾ । ਬਾਛਹਿ—ਚਾਹੁੰਦੇ ਹਨ । ਸੁਰਦੇਵ—ਅਕਾਸ਼ੀ ਦੇਵਤੇ । ਅਮੋਘ—ਵਿਅਰਥ ਨਾਹ ਜਾਣ ਵਾਲਾ । ਸਫਲ—ਫਲ ਦੇਣ ਵਾਲੀ । ਕਰ—(ਦੋਵੇਂ) ਹੱਥ । ਜੋੜਿ—ਜੋੜ ਕੇ । ਮੋਹਿ—ਮੈਨੂੰ । ਗੁਣਤਾਸਿ—ਹੇ ਗੁਣਾਂ ਦੇ ਖ਼ਜ਼ਾਨੇ ਹਰੀ! ।੪।

ਅਰਥ:- ਹੇ ਮੇਰੇ ਵੀਰ! (ਪਰਮਾਤਮਾ ਦੇ) ਸੰਤ ਦੀ ਜੀਵਨ-ਜੁਗਤੀ ਸੁਣ (ਉਸ ਦਾ ਜੀਵਨ ਇਤਨਾ ਉੱਚਾ ਹੈ ਕਿ) ਉਸ ਦਾ ਵਡੱਪਣ ਬਿਆਨ ਨਹੀਂ ਕੀਤਾ ਜਾ ਸਕਦਾ ।੧।ਰਹਾਉ।

ਪਰਮਾਤਮਾ ਦਾ ਭਗਤ ਪਰਮਾਤਮਾ ਨੂੰ ਅੱਠੇ ਪਹਿਰ ਆਪਣੇ ਨੇੜੇ ਵੱਸਦਾ ਸਮਝਦਾ ਹੈ, ਜੋ ਕੁਝ ਪਰਮਾਤਮਾ ਕਰਦਾ ਹੈ ਉਸ ਨੂੰ ਮਿੱਠਾ ਕਰ ਕੇ ਮੰਨਦਾ ਹੈ । (ਹੇ ਵੀਰ!) ਪਰਮਾਤਮਾ ਦਾ ਨਾਮ ਹੀ ਸੰਤ ਜਨਾਂ (ਦੀ ਜ਼ਿੰਦਗੀ) ਦਾ ਆਸਰਾ (ਬਣਿਆ ਰਹਿੰਦਾ) ਹੈ । ਸੰਤ ਜਨ ਸਭਨਾਂ ਦੇ ਪੈਰਾਂ ਦੀ ਧੂੜ ਬਣੇ ਰਹਿੰਦੇ ਹਨ ।੧।

(ਹੇ ਭਾਈ! ਸੰਤ ਉਹ ਹੈ) ਜਿਸ ਦੇ ਹਿਰਦੇ ਵਿਚ ਸਿਰਫ਼ ਹਰਿ ਸਿਮਰਨ ਦਾ ਹੀ ਆਹਰ ਟਿਕਿਆ ਰਹਿੰਦਾ ਹੈ, ਸਦਾ ਆਨੰਦ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤਿ ਸਾਲਾਹ ਹੀ (ਸੰਤ ਦੀ ਜ਼ਿੰਦਗੀ ਦਾ) ਸਹਾਰਾ ਹੈ । (ਹੇ ਭਾਈ! ਸੰਤ ਉਹ ਹੈ) ਜਿਸ ਦੇ ਮਨ ਵਿਚ ਮਿੱਤਰ ਤੇ ਵੈਰੀ ਇਕੋ ਜਿਹੇ (ਮਿੱਤਰ ਹੀ) ਲੱਗਦੇ ਹਨ (ਕਿਉਂਕਿ ਸੰਤ ਸਭ ਜੀਵਾਂ ਵਿਚ) ਆਪਣੇ ਪ੍ਰਭੂ ਤੋਂ ਬਿਨਾ ਕਿਸੇ ਹੋਰ ਨੂੰ (ਵੱਸਦਾ) ਨਹੀਂ ਸਮਝਦਾ ।੨।

(ਹੇ ਭਾਈ! ਪਰਮਾਤਮਾ ਦਾ ਸੰਤ ਹੋਰਨਾਂ ਦੇ) ਕ੍ਰੋੜਾਂ ਹੀ ਪਾਪ ਦੂਰ ਕਰਨ ਦੀ ਤਾਕਤ ਰੱਖਦਾ ਹੈ । (ਹੇ ਭਾਈ!)

ਪਰਮਾਤਮਾ ਦੇ ਸੰਤ (ਦੂਜਿਆਂ ਦੇ) ਦੁੱਖ ਦੂਰ ਕਰਨ ਜੋਗੇ ਹੋ ਜਾਂਦੇ ਹਨ ਉਹ (ਲੋਕਾਂ ਨੂੰ) ਆਤਮਕ ਜੀਵਨ ਦੇਣ ਦੀ ਸਮਰਥਾ ਰੱਖਦੇ ਹਨ । (ਪ੍ਰਭੂ ਦੇ ਸੰਤ ਵਿਕਾਰਾਂ ਦੇ ਟਾਕਰੇ ਤੇ) ਸੂਰਮੇ ਹੁੰਦੇ ਹਨ, ਕੀਤੇ ਬਚਨਾਂ ਦੀ ਪਾਲਣਾ ਕਰਦੇ ਹਨ । (ਸੰਤਾਂ ਦੀ ਨਿਗਾਹ ਵਿਚ ਇਹ ਮਾਇਆ ਭੀ ਨਿਮਾਣੀ ਜਿਹੀ ਜਾਪਦੀ ਹੈ) ਇਸ ਨਿਮਾਣੀ ਮਾਇਆ ਨੂੰ ਸੰਤਾਂ ਨੇ ਆਪਣੇ ਵੱਸ ਵਿਚ ਕਰ ਲਿਆ ਹੁੰਦਾ ਹੈ ।੩।

(ਹੇ ਭਾਈ!) ਪਰਮਾਤਮਾ ਦੇ ਸੰਤ ਦਾ ਮਿਲਾਪ ਆਕਾਸ਼ੀ ਦੇਵਤੇ ਭੀ ਲੋੜਦੇ ਰਹਿੰਦੇ ਹਨ । ਸੰਤ ਦਾ ਦਰਸ਼ਨ ਵਿਅਰਥ ਨਹੀਂ ਜਾਂਦਾ, ਸੰਤ ਦੀ ਸੇਵਾ ਜ਼ਰੂਰ ਫਲ ਦੇਂਦੀ ਹੈ ।

(ਹੇ ਭਾਈ!) ਨਾਨਕ (ਦੋਵੇਂ) ਹੱਥ ਜੋੜ ਕੇ ਅਰਜ਼ੋਈ ਕਰਦਾ ਹੈ—ਹੇ ਗੁਣਾਂ ਦੇ ਖ਼ਜ਼ਾਨੇ ਪ੍ਰਭੂ! ਮੈਨੂੰ ਸੰਤ ਜਨਾਂ ਦੀ ਸੇਵਾ ਦੀ ਦਾਤਿ ਬਖ਼ਸ਼ ।੪।੩੭।੮੮।

ਆਸਾ ਮਹਲਾ ੫ ॥ ਸਗਲ ਸੂਖ ਜਪਿ ਏਕੈ ਨਾਮ ॥ ਸਗਲ ਧਰਮ ਹਰਿ ਕੇ ਗੁਣ ਗਾਮ ॥ ਮਹਾ ਪਵਿਤ੍ਰ ਸਾਧ ਕਾ ਸੰਗੁ ॥ ਜਿਸੁ ਭੇਟਤ ਲਾਗੈ ਪ੍ਰਭ ਰੰਗੁ ॥੧॥ ਗੁਰ ਪ੍ਰਸਾਦਿ ਓਇ ਆਨੰਦ ਪਾਵੈ ॥ ਜਿਸੁ ਸਿਮਰਤ ਮਨਿ ਹੋਇ ਪ੍ਰਗਾਸਾ ਤਾ ਕੀ ਗਤਿ ਮਿਤਿ ਕਹਨੁ ਨ ਜਾਵੈ ॥੧॥ ਰਹਾਉ ॥ ਵਰਤ ਨੇਮ ਮਜਨ ਤਿਸੁ ਪੂਜਾ ॥ ਬੇਦ ਪੁਰਾਨ ਤਿਨਿ ਸਿੰਮ੍ਰਿਤਿ ਸੁਨੀਜਾ ॥ ਮਹਾ ਪੁਨੀਤ ਜਾ ਕਾ ਨਿਰਮਲ ਥਾਨੁ ॥ ਸਾਧਸੰਗਤਿ ਜਾ ਕੈ ਹਰਿ ਹਰਿ ਨਾਮੁ ॥੨॥ ਪ੍ਰਗਟਿਓ ਸੋ ਜਨੁ ਸਗਲੇ ਭਵਨ ॥ ਪਤਿਤ ਪੁਨੀਤ ਤਾ ਕੀ ਪਗ ਰੇਨ ॥ ਜਾ ਕਉ ਭੇਟਿਓ ਹਰਿ ਹਰਿ ਰਾਇ ॥ ਤਾ ਕੀ ਗਤਿ ਮਿਤਿ ਕਥਨੁ ਨ ਜਾਇ ॥੩॥ ਆਠ ਪਹਰ ਕਰ ਜੋੜਿ ਧਿਆਵਉ ॥ ਉਨ ਸਾਧਾ ਕਾ ਦਰਸਨੁ ਪਾਵਉ ॥ ਮੋਹਿ ਗਰੀਬ ਕਉ ਲੇਹੁ ਰਲਾਇ ॥ ਨਾਨਕ ਆਇ ਪਏ ਸਰਣਾਇ ॥੪॥੩੮॥੮੯॥ {ਪੰਨਾ 393}

ਪਦਅਰਥ:- ਸਗਲ—ਸਾਰੇ । ਜਪਿ—ਜਪ ਕੇ । ਏਕੈ—ਇਕ (ਪਰਮਾਤਮਾ) ਦਾ । ਗਾਮ—ਗਾਉਣਾ । ਸਾਧ ਕਾ ਸੰਗੁ—ਗੁਰਮੁਖਿ ਦੀ ਸੰਗਤਿ । ਜਿਸੁ—ਜਿਸ (ਗੁਰਮੁਖਿ) ਨੂੰ । ਭੇਟਤ—ਮਿਲਿਆਂ । ਰੰਗੁ—ਪ੍ਰੇਮ ।੧।

ਗੁਰ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ । ਓਇ—{ਲਫ਼ਜ਼ 'ਓਹ' ਤੋਂ ਬਹੁ-ਵਚਨ} ਅਨੇਕਾਂ । ਜਿਸੁ ਮਨਿ—ਜਿਸ ਮਨੁੱਖ ਦੇ ਮਨ ਵਿਚ । ਪ੍ਰਗਾਸਾ—ਚਾਨਣ । ਤਾ ਕੀ—ਉਸ ਮਨੁੱਖ ਦੀ । ਗਤਿ—ਉੱਚੀ ਆਤਮਕ ਅਵਸਥਾ । ਮਿਤਿ—ਮਰਯਾਦਾ, ਮਾਪ; ਆਤਮਕ ਵਡੱਪਣ ਦਾ ਮਾਪ ।੧।ਰਹਾਉ।

ਮਜਨ—ਇਸ਼ਨਾਨ {ਬਹੁ-ਵਚਨ} । ਤਿਸੁ—ਉਸ (ਮਨੁੱਖ) ਦੇ । ਤਿਨਿ—ਉਸ (ਮਨੁੱਖ) ਨੇ । ਪੁਨੀਤ—ਪਵਿਤ੍ਰ । ਜਾ ਕਾ—ਜਿਸ ਮਨੁੱਖ ਦਾ । ਥਾਨੁ—ਹਿਰਦਾ-ਥਾਂ । ਜਾ ਕੈ—ਜਿਸ ਦੇ ਹਿਰਦੇ ਵਿਚ ।੨।

ਪਤਿਤ ਪੁਨੀਤ—ਵਿਕਾਰਾਂ ਵਿਚ ਡਿੱਗੇ ਹੋਇਆਂ ਨੂੰ ਪਵਿਤ੍ਰ ਕਰਨ ਵਾਲੀ । ਪਗ ਰੇਨ—ਚਰਨਾਂ ਦੀ ਧੂੜ । ਜਾ ਕਉ—ਜਿਸ ਮਨੁੱਖ ਨੂੰ ।੩।

ਕਰ ਜੋੜਿ—(ਦੋਵੇਂ) ਹੱਥ ਜੋੜ ਕੇ । ਧਿਆਵਉ—ਧਿਆਵਉਂ, ਮੈਂ ਧਿਆਵਾਂ । ਮੋਹਿ—ਮੈਨੂੰ ।੪।

ਅਰਥ:- (ਹੇ ਭਾਈ!) ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਦੇ ਮਨ ਵਿਚ ਪ੍ਰਭੂ-ਨਾਮ ਸਿਮਰਿਆਂ (ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ ਉਸ ਦੀ ਉੱਚੀ ਆਤਮਕ ਅਵਸਥਾ ਬਿਆਨ ਨਹੀਂ ਕੀਤੀ ਜਾ ਸਕਦੀ, ਉਸ ਦੀ ਆਤਮਕ ਵਡੱਪਣ ਦੱਸੀ ਨਹੀਂ ਜਾ ਸਕਦੀ, ਉਹ ਮਨੁੱਖ ਅਨੇਕਾਂ ਆਤਮਕ ਆਨੰਦ ਮਾਣਦਾ ਹੈ ।੧।ਰਹਾਉ।

(ਹੇ ਭਾਈ!) ਗੁਰੂ ਦੀ ਸੰਗਤਿ ਬਹੁਤ ਪਵਿਤ੍ਰ ਕਰਨ ਵਾਲੀ ਹੈ, ਗੁਰੂ ਨੂੰ ਮਿਲਿਆਂ ਪਰਮਾਤਮਾ ਦਾ ਪ੍ਰੇਮ (ਹਿਰਦੇ ਵਿਚ) ਪੈਦਾ ਹੋ ਜਾਂਦਾ ਹੈ, (ਗੁਰੂ ਦੀ ਸੰਗਤਿ ਵਿਚ ਰਹਿ ਕੇ) ਪਰਮਾਤਮਾ ਦਾ ਨਾਮ ਜਪਿਆਂ ਸਾਰੇ ਸੁਖ ਪ੍ਰਾਪਤ ਹੋ ਜਾਂਦੇ ਹਨ । (ਹੇ ਭਾਈ!) ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨ ਵਿਚ ਹੀ ਹੋਰ ਸਾਰੇ ਧਰਮ ਆ ਜਾਂਦੇ ਹਨ ।੧।

(ਹੇ ਭਾਈ!) ਗੁਰੂ ਦੀ ਸੰਗਤਿ ਦੀ ਬਰਕਤਿ ਨਾਲ ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ (ਨਾਮ ਦੀ ਬਰਕਤਿ ਨਾਲ) ਜਿਸ ਮਨੁੱਖ ਦਾ ਹਿਰਦਾ-ਥਾਂ ਬਹੁਤ ਪਵਿਤ੍ਰ ਨਿਰਮਲ ਹੋ ਜਾਂਦਾ ਹੈ ਉਸ ਦੇ ਭਾ ਦੇ, ਮਾਨੋ, ਸਾਰੇ ਵਰਤ ਨੇਮ, ਸਾਰੇ ਤੀਰਥ ਇਸ਼ਨਾਨ ਅਤੇ ਸਾਰੀਆਂ ਪੂਜਾ ਹੋ ਗਈਆਂ, ਉਸ ਨੇ, ਮਾਨੋ, ਵੇਦ ਪੁਰਾਣ ਸਿੰਮ੍ਰਤੀਆਂ ਆਦਿਕ ਸਾਰੇ ਧਰਮ-ਪੁਸਤਕ ਸੁਣ ਲਏ ।੨।

(ਹੇ ਭਾਈ! ਗੁਰੂ ਦੀ ਕਿਰਪਾ ਨਾਲ) ਜਿਸ ਮਨੁੱਖ ਨੂੰ ਪ੍ਰਭੂ-ਪਾਤਸ਼ਾਹ ਮਿਲ ਪੈਂਦਾ ਹੈ ਉਸ ਮਨੁੱਖ ਦੀ ਉੱਚੀ ਆਤਮਕ ਅਵਸਥਾ, ਉਸ ਮਨੁੱਖ ਦੀ ਆਤਮਕ ਵਡੱਪਣ ਬਿਆਨ ਨਹੀਂ ਕੀਤੀ ਜਾ ਸਕਦੀ, ਉਸ ਮਨੁੱਖ ਦੇ ਚਰਨਾਂ ਦੀ ਧੂੜ ਵਿਕਾਰਾਂ ਵਿਚ ਡਿੱਗੇ ਹੋਏ ਅਨੇਕਾਂ ਬੰਦਿਆਂ ਨੂੰ ਪਵਿਤ੍ਰ ਕਰਨ ਦੀ ਸਮਰੱਥਾ ਰੱਖਦੀ ਹੈ, ਉਹ ਮਨੁੱਖ ਸਾਰੇ ਭਵਨਾਂ ਵਿਚ ਉੱਘਾ ਹੋ ਜਾਂਦਾ ਹੈ ।੩।

ਹੇ ਨਾਨਕ! (ਆਖ—ਹੇ ਪ੍ਰਭੂ! ਜੇਹੜੇ ਗੁਰਮੁਖਿ ਗੁਰੂ ਦੀ ਕਿਰਪਾ ਨਾਲ) ਤੇਰੀ ਸਰਨ ਆ ਪਏ ਹਨ, ਮੈਨੂੰ ਗ਼ਰੀਬ ਨੂੰ ਉਹਨਾਂ ਦੀ ਸੰਗਤਿ ਵਿਚ ਰਲਾ ਦੇ (ਤਾ ਕਿ) ਮੈਂ ਉਹਨਾਂ ਦਾ ਦਰਸਨ ਕਰਦਾ ਰਹਾਂ ਤੇ ਅੱਠੇ ਪਹਿਰ ਦੋਵੇਂ ਹੱਥ ਜੋੜ ਕੇ ਤੇਰਾ ਧਿਆਨ ਧਰਦਾ ਰਹਾਂ ।੪।੩੮।੮੯।

ਆਸਾ ਮਹਲਾ ੫ ॥ ਆਠ ਪਹਰ ਉਦਕ ਇਸਨਾਨੀ ॥ ਸਦ ਹੀ ਭੋਗੁ ਲਗਾਇ ਸੁਗਿਆਨੀ ॥ ਬਿਰਥਾ ਕਾਹੂ ਛੋਡੈ ਨਾਹੀ ॥ ਬਹੁਰਿ ਬਹੁਰਿ ਤਿਸੁ ਲਾਗਹ ਪਾਈ ॥੧॥ ਸਾਲਗਿਰਾਮੁ ਹਮਾਰੈ ਸੇਵਾ ॥ ਪੂਜਾ ਅਰਚਾ ਬੰਦਨ ਦੇਵਾ ॥੧॥ ਰਹਾਉ ॥ ਘੰਟਾ ਜਾ ਕਾ ਸੁਨੀਐ ਚਹੁ ਕੁੰਟ ॥ ਆਸਨੁ ਜਾ ਕਾ ਸਦਾ ਬੈਕੁੰਠ ॥ ਜਾ ਕਾ ਚਵਰੁ ਸਭ ਊਪਰਿ ਝੂਲੈ ॥ ਤਾ ਕਾ ਧੂਪੁ ਸਦਾ ਪਰਫੁਲੈ ॥੨॥ ਘਟਿ ਘਟਿ ਸੰਪਟੁ ਹੈ ਰੇ ਜਾ ਕਾ ॥ ਅਭਗ ਸਭਾ ਸੰਗਿ ਹੈ ਸਾਧਾ ॥ ਆਰਤੀ ਕੀਰਤਨੁ ਸਦਾ ਅਨੰਦ ॥ ਮਹਿਮਾ ਸੁੰਦਰ ਸਦਾ ਬੇਅੰਤ ॥੩॥ ਜਿਸਹਿ ਪਰਾਪਤਿ ਤਿਸ ਹੀ ਲਹਨਾ ॥ ਸੰਤ ਚਰਨ ਓਹੁ ਆਇਓ ਸਰਨਾ ॥ ਹਾਥਿ ਚੜਿਓ ਹਰਿ ਸਾਲਗਿਰਾਮੁ ॥ ਕਹੁ ਨਾਨਕ ਗੁਰਿ ਕੀਨੋ ਦਾਨੁ ॥੪॥੩੯॥੯੦॥
{ਪੰਨਾ 393}

ਪਦਅਰਥ:- ਇਸਨਾਨੀ—ਇਸ਼ਨਾਨ ਕਰਨ ਵਾਲਾ । ਉਦਕ—ਪਾਣੀ । ਸਦ—ਸਦਾ । ਸੁਗਿਆਨੀ—(ਹਰੇਕ ਦੇ ਦਿਲ ਦੀ) ਚੰਗੀ ਤਰ੍ਹਾਂ ਜਾਣਨ ਵਾਲਾ ਹਰਿ-ਸਾਲਿਗ-ਗਰਾਮ । ਬਿਰਥਾ—ਪੀੜਾ, ਦੁੱਖ । ਕਾਹੂ—ਕਿਸੇ ਦੀ । ਬਹੁਰਿ ਬਹੁਰਿ—ਮੁੜ ਮੁੜ । ਲਾਗਹ—ਅਸੀ ਲੱਗਦੇ ਹਾਂ । ਪਾਈ—ਪੈਰੀਂ । ਤਿਸੁ ਪਾਈ—ਉਸ (ਸਾਲਗਿਰਾਮ) ਦੀ ਪੈਰੀਂ ।੧।

ਸਾਲਗਿਰਾਮ—ਨੇਪਾਲ ਦੇ ਦੱਖਣ ਵਿਚ ਵਗਦੀ ਨਦੀ ਗੰਡਕਾ ਵਿਚੋਂ ਪਿੰਡ ਸਾਲ-ਗ੍ਰਾਮ ਦੇ ਨੇੜੇ ਧਾਰੀਦਾਰ ਤੇ ਗੋਲ ਛੋਟੇ ਛੋਟੇ ਪੱਥਰ ਨਿਕਲਦੇ ਹਨ । ਉਹਨਾਂ ਨੂੰ ਵਿਸ਼ਨੂੰ ਦੀ ਮੂਰਤੀ ਮੰਨਿਆ ਜਾ ਰਿਹਾ ਹੈ । ਉਸ ਪਿੰਡ ਦੇ ਨਾਮ ਤੇ ਉਸ ਦਾ ਨਾਮ ਭੀ ਸਾਲਗਿਰਾਮ ਰੱਖਿਆ ਗਿਆ ਹੈ । ਹਮਾਰੈ—ਸਾਡੇ ਘਰ ਵਿਚ, ਸਾਡੇ ਵਾਸਤੇ । ਸੇਵਾ—ਪ੍ਰਭੂ ਦੀ ਸੇਵਾ-ਭਗਤੀ । ਅਰਚਾ—ਚੰਦਨ ਆਦਿਕ ਸੁਗੰਧੀ ਦੀ ਭੇਟਾ । ਬੰਦਨ—ਨਮਸਕਾਰ

।੧।ਰਹਾਉ।

ਜਾ ਕਾ—ਜਿਸ (ਹਰਿ-ਸਾਲਗਿਰਾਮ) ਦਾ । ਚਹੁਕੁੰਟ—ਚੌਹੀਂ ਪਾਸੀਂ, ਸਾਰੇ ਜਗਤ ਵਿਚ । ਪਰਫੁਲੈ—ਫੁੱਲ ਦੇਂਦੀ ਹੈ ।੨।

ਘਟਿ ਘਟਿ—ਹਰੇਕ ਸਰੀਰ ਵਿਚ । ਸੰਪਟੁ—ਉਹ ਡੱਬਾ ਜਿਸ ਵਿਚ ਠਾਕੁਰ ਰੱਖੇ ਜਾਂਦੇ ਹਨ । ਰੇ—ਹੇ ਭਾਈ! ਅਭਗ—ਨਾਹ ਨਾਸ ਹੋਣ ਵਾਲੀ । ਸੰਗਿ—ਨਾਲ । ਮਹਿਮਾ—ਵਡਿਆਈ ।੩।

ਜਿਸਹਿ ਪਰਾਪਤਿ—ਜਿਸ ਦੇ ਭਾਗਾਂ ਵਿਚ ਉਸ ਦੀ ਪ੍ਰਾਪਤੀ ਲਿਖੀ ਪਈ ਹੈ । ਤਿਸ ਹੀ—ਤਿਸੁ ਹੀ, ਉਸ ਨੂੰ ਹੀ । ਹਾਥ ਚੜਿਓ—ਮਿਲ ਪਿਆ । ਗੁਰਿ—ਗੁਰੂ ਨੇ ।੪।

ਅਰਥ:- (ਹੇ ਪੰਡਿਤ!) ਪਰਮਾਤਮਾ-ਦੇਵ ਦੀ ਸੇਵਾ ਭਗਤੀ ਹੀ ਸਾਡੇ ਘਰ ਵਿਚ ਸਾਲਗਿਰਾਮ (ਦੀ ਪੂਜਾ) ਹੈ । (ਹਰਿ-ਨਾਮ-ਸਿਮਰਨ ਹੀ ਸਾਡੇ ਵਾਸਤੇ ਸਾਲਗਿਰਾਮ ਦੀ) ਪੂਜਾ, ਸੁਗੰਧੀ-ਭੇਟ ਤੇ ਨਮਸਕਾਰ ਹੈ ।ਰਹਾਉ।

(ਹੇ ਪੰਡਿਤ!) ਅਸੀ ਉਸ (ਹਰਿ ਸਾਲਗਿਰਾਮ) ਦੀ ਪੈਰੀਂ ਮੁੜ ਮੁੜ ਲੱਗਦੇ ਹਾਂ ਜੋ ਕਿਸੇ ਦੀ ਭੀ ਦਰਦ-ਪੀੜਾ ਨਹੀਂ ਰਹਿਣ ਦੇਂਦਾ । ਉਹ (ਜਲਾਂ ਥਲਾਂ ਵਿਚ ਹਰ ਥਾਂ ਵੱਸਣ ਵਾਲਾ ਹਰਿ ਸਾਲਗਿਰਾਮ) ਅੱਠੇ ਪਹਰ ਹੀ ਪਾਣੀਆਂ ਦਾ ਇਸ਼ਨਾਨ ਕਰਨ ਵਾਲਾ ਹੈ, ਹਰੇਕ ਦੇ ਦਿਲ ਦੀ ਚੰਗੀ ਤਰ੍ਹਾਂ ਜਾਣਨ ਵਾਲਾ ਉਹ ਹਰਿ ਸਾਲਗਿਰਾਮ (ਸਭ ਜੀਵਾਂ ਦੇ ਅੰਦਰ ਬੈਠ ਕੇ) ਸਦਾ ਹੀ ਭੋਗ ਲਾਂਦਾ ਰਹਿੰਦਾ ਹੈ (ਪਦਾਰਥ ਛਕਦਾ ਰਹਿੰਦਾ ਹੈ) ।੧।

(ਹੇ ਪੰਡਿਤ!) ਉਸ (ਹਰਿ-ਸਾਲਗਿਰਾਮ ਦੀ ਰਜ਼ਾ) ਦਾ ਘੰਟਾ (ਸਿਰਫ਼ ਮੰਦਰ ਵਿਚ ਸੁਣੇ ਜਾਣ ਦੀ ਥਾਂ) ਸਾਰੇ ਜਗਤ ਵਿਚ ਹੀ ਸੁਣਿਆ ਜਾਂਦਾ ਹੈ । (ਸਾਧ ਸੰਗਤਿ-ਰੂਪ) ਬੈਕੁੰਠ ਵਿਚ ਉਸ ਦਾ ਨਿਵਾਸ ਸਦਾ ਹੀ ਟਿਕਿਆ ਰਹਿੰਦਾ ਹੈ, ਸਭ ਜੀਵਾਂ ਉਤੇ ਉਸ ਦਾ (ਪਵਣ)-ਚਵਰ ਝੁਲ ਰਿਹਾ ਹੈ, (ਸਾਰੀ ਬਨਸਪਤੀ) ਸਦਾ ਫੁੱਲ ਦੇ ਰਹੀ ਹੈ ਇਹੀ ਹੈ ਉਸ ਦੇ ਵਾਸਤੇ ਧੂਪ ।੨।

(ਹੇ ਪੰਡਿਤ!) ਹਰੇਕ ਸਰੀਰ ਵਿਚ ਉਹ ਵੱਸ ਰਿਹਾ ਹੈ, ਹਰੇਕ ਦਾ ਹਿਰਦਾ ਹੀ ਉਸ ਦਾ (ਠਾਕੁਰਾਂ ਵਾਲਾ) ਡੱਬਾ ਹੈ; ਉਸ ਦੀ ਸੰਤ-ਸਭਾ ਕਦੇ ਮੁੱਕਣ ਵਾਲੀ ਨਹੀਂ ਹੈ, ਸਾਧ ਸੰਗਤਿ ਵਿਚ ਉਹ ਹਰ ਵੇਲੇ ਵੱਸਦਾ ਹੈ, ਜਿਥੇ ਉਸ ਦੀ ਸਦਾ ਆਨੰਦ ਦੇਣ ਵਾਲੀ ਸਿਫ਼ਤਿ-ਸਾਲਾਹ ਹੋ ਰਹੀ ਹੈ, ਇਹ ਸਿਫ਼ਤਿ-ਸਾਲਾਹ ਉਸ ਦੀ ਆਰਤੀ ਹੈ, ਉਸ ਬੇਅੰਤ ਤੇ ਸੁੰਦਰ (ਹਰਿ-ਸਾਲਗਿਰਾਮ) ਦੀ ਸਦਾ ਮਹਿਮਾ ਹੋ ਰਹੀ ਹੈ ।੩।

ਪਰ, ਹੇ ਪੰਡਿਤ!) ਜਿਸ ਮਨੁੱਖ ਦੇ ਭਾਗਾਂ ਵਿਚ ਉਸ (ਹਰਿ-ਸਾਲਗਿਰਾਮ) ਦੀ ਪ੍ਰਾਪਤੀ ਲਿਖੀ ਹੈ ਉਸੇ ਨੂੰ ਉਹ ਮਿਲਦਾ ਹੈ, ਉਹ ਮਨੁੱਖ ਸੰਤਾਂ ਦੀ ਚਰਨੀਂ ਲੱਗਦਾ ਹੈ ਉਹ ਸੰਤਾਂ ਦੀ ਸਰਨ ਪਿਆ ਰਹਿੰਦਾ ਹੈ ।

ਹੇ ਨਾਨਕ! ਆਖ—ਜਿਸ ਮਨੁੱਖ ਨੂੰ ਗੁਰੂ ਨੇ (ਨਾਮ ਦੀ) ਦਾਤਿ ਬਖ਼ਸ਼ੀ, ਉਸ ਨੂੰ ਹਰਿ-ਸਾਲਗਿਰਾਮ ਮਿਲ ਪੈਂਦਾ ਹੈ ।੪।੩੯।੯੦।

ਆਸਾ ਮਹਲਾ ੫ ਪੰਚਪਦਾ• ॥ ਜਿਹ ਪੈਡੈ ਲੂਟੀ ਪਨਿਹਾਰੀ ॥ ਸੋ ਮਾਰਗੁ ਸੰਤਨ ਦੂਰਾਰੀ ॥੧॥ ਸਤਿਗੁਰ ਪੂਰੈ ਸਾਚੁ ਕਹਿਆ ॥ ਨਾਮ ਤੇਰੇ ਕੀ ਮੁਕਤੇ ਬੀਥੀ ਜਮ ਕਾ ਮਾਰਗੁ ਦੂਰਿ ਰਹਿਆ ॥੧॥ ਰਹਾਉ ॥ ਜਹ ਲਾਲਚ ਜਾਗਾਤੀ ਘਾਟ ॥ ਦੂਰਿ ਰਹੀ ਉਹ ਜਨ ਤੇ ਬਾਟ ॥੨॥ ਜਹ ਆਵਟੇ ਬਹੁਤ ਘਨ ਸਾਥ ॥ ਪਾਰਬ੍ਰਹਮ ਕੇ ਸੰਗੀ ਸਾਧ ॥੩॥ ਚਿਤ੍ਰ ਗੁਪਤੁ ਸਭ ਲਿਖਤੇ ਲੇਖਾ ॥ ਭਗਤ ਜਨਾ ਕਉ

ਦ੍ਰਿਸਟਿ ਨ ਪੇਖਾ ॥੪॥ ਕਹੁ ਨਾਨਕ ਜਿਸੁ ਸਤਿਗੁਰੁ ਪੂਰਾ ॥ ਵਾਜੇ ਤਾ ਕੈ ਅਨਹਦ ਤੂਰਾ ॥੫॥੪੦॥੯੧॥ {ਪੰਨਾ 393}

ਨੋਟ:- ਪੰਚਪਦਾ—ਪੰਜ ਬੰਦਾਂ ਵਾਲਾ ਇੱਕ ਸ਼ਬਦ ।

ਪਦਅਰਥ:- ਜਿਹ ਪੈਡੈ—ਜਿਸ ਰਸਤੇ ਵਿਚ । ਪਨਿਹਾਰੀ—ਪਾਣੀ ਭਰਨ ਵਾਲੀ, ਕਾਮਾਦਿਕ ਵਿਕਾਰਾਂ ਦਾ ਪਾਣੀ ਭਰਨ ਵਾਲੀ, ਵਿਕਾਰਾਂ ਵਿਚ ਫਸੀ ਹੋਈ ਜੀਵ-ਇਸਤ੍ਰੀ । ਮਾਰਗੁ—ਰਸਤਾ ।੧।

ਸਾਚੁ—ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਨਾਮ । ਮੁਕਤੇ—ਖੁਲ੍ਹੀ । ਬੀਥੀ—{vIQI} ਗਲੀ ।੧।

ਜਹ—ਜਿਥੇ । ਜਾਗਾਤੀ—ਮਸੂਲੀਆ । ਘਾਟ—ਪੱਤਣ । ਬਾਟ—ਵਾਟ, ਰਸਤਾ ।੨।

ਆਵਟੇ—{AwvÙ! } ਦੁਖੀ ਹੁੰਦੇ ਹਨ । ਘਨ—ਬਹੁਤ । ਸਾਥ—ਕਾਫ਼ਲੇ । ਸੰਗੀ—ਸਾਥੀ ।੩।

ਚਿਤ੍ਰ ਗੁਪਤੁ—ਜੀਵਾਂ ਦੇ ਕਰਮਾਂ ਦੇ ਗੁਪਤ ਚਿਤ੍ਰ ਲਿਖਣ ਵਾਲੇ । ਕਉ—ਨੂੰ । ਦ੍ਰਿਸਟਿ ਨ ਪੇਖਾ—ਨਿਗਾਹ ਮਾਰ ਕੇ ਭੀ ਨਹੀਂ ਵੇਖ ਸਕਦੇ ।੪।

ਤਾ ਕੈ—ਉਸ ਦੇ ਹਿਰਦੇ ਵਿਚ । ਅਨਹਦ—ਇਕ-ਰਸ । ਤੂਰਾ—ਵਾਜੇ ।੫।

ਅਰਥ:- ਹੇ ਪ੍ਰਭੂ! ਪੂਰੇ ਗੁਰੂ ਨੇ ਜਿਸ ਮਨੁੱਖ ਨੂੰ ਤੇਰਾ ਸਦਾ-ਥਿਰ ਨਾਮ ਉਪਦੇਸ਼ ਦੇ ਦਿੱਤਾ, ਜਮ-ਦੂਤਾਂ (ਆਤਮਕ ਮੌਤ) ਵਾਲਾ ਰਸਤਾ ਉਸ ਮਨੁੱਖ ਤੋਂ ਦੂਰ ਪਰੇ ਰਹਿ ਜਾਂਦਾ ਹੈ ਉਸ ਨੂੰ ਤੇਰੇ ਨਾਮ ਦੀ ਬਰਕਤਿ ਨਾਲ ਜੀਵਨ-ਸਫ਼ਰ ਵਿਚ ਖੁਲ੍ਹਾ ਰਸਤਾ ਲੱਭ ਪੈਂਦਾ ਹੈ ।੧।ਰਹਾਉ।

(ਹੇ ਭਾਈ!) ਵਿਕਾਰਾਂ ਵਿਚ ਫਸੀ ਹੋਈ ਜੀਵ-ਇਸਤ੍ਰੀ ਜਿਸ ਜੀਵਨ-ਰਸਤੇ ਵਿਚ (ਆਤਮਕ ਜੀਵਨ ਦੀ ਰਾਸ-ਪੂੰਜੀ) ਲੁਟਾ ਬੈਠਦੀ ਹੈ, ਉਹ ਰਸਤਾ ਸੰਤ ਜਨਾਂ ਤੋਂ ਦੁਰੇਡਾ ਰਹਿ ਜਾਂਦਾ ਹੈ ।੧।

(ਹੇ ਭਾਈ!) ਜਿਥੇ ਲਾਲਚੀ ਮਸੂਲੀਆਂ ਦਾ ਪੱਤਣ ਹੈ (ਜਿਥੇ ਜਮ-ਮਸੂਲੀਏ ਕੀਤੇ ਮੰਦ-ਕਰਮਾਂ ਬਾਰੇ ਤਾੜਨਾ ਕਰਦੇ ਹਨ) ਉਹ ਰਸਤਾ ਸੰਤ ਜਨਾਂ ਤੋਂ ਦੂਰ ਪਰੇ ਰਹਿ ਜਾਂਦਾ ਹੈ ।੨।

(ਹੇ ਭਾਈ!) ਜਿਸ ਜੀਵਨ-ਸਫ਼ਰ ਵਿਚ (ਮਾਇਆ-ਵੇੜ੍ਹੇ ਜੀਵਾਂ ਦੇ) ਅਨੇਕਾਂ ਹੀ ਕਾਫ਼ਲੇ (ਕੀਤੇ ਮੰਦ ਕਰਮਾਂ ਦੇ ਕਾਰਨ) ਦੁਖੀ ਹੁੰਦੇ ਰਹਿੰਦੇ ਹਨ, ਗੁਰਮੁਖਿ ਮਨੁੱਖ (ਉਸ ਸਫ਼ਰ ਵਿਚ) ਪਰਮਾਤਮਾ ਦੇ ਸਤਸੰਗੀ ਬਣੇ ਰਹਿੰਦੇ ਹਨ (ਇਸ ਕਰਕੇ ਗੁਰਮੁਖਾਂ ਨੂੰ ਕੋਈ ਦੁੱਖ ਨਹੀਂ ਪੋਂਹਦਾ) ।੩।

(ਹੇ ਭਾਈ! ਮਾਇਆ-ਵੇੜ੍ਹੇ ਜੀਵਾਂ ਦੇ ਕੀਤੇ ਕਰਮਾਂ ਦਾ ਲੇਖਾ ਲਿਖਣ ਵਾਲੇ) ਚਿਤ੍ਰ ਗੁਪਤ ਸਭ ਜੀਵਾਂ ਦੇ ਕੀਤੇ ਕਰਮਾਂ ਦਾ ਹਿਸਾਬ ਲਿਖਦੇ ਰਹਿੰਦੇ ਹਨ, ਪਰ ਪਰਮਾਤਮਾ ਦੀ ਭਗਤੀ ਕਰਨ ਵਾਲਿਆਂ ਬੰਦਿਆਂ ਵਲ ਉਹ ਅੱਖ ਪੁੱਟ ਕੇ ਭੀ ਨਹੀਂ ਤੱਕ ਸਕਦੇ ।੪।

ਹੇ ਨਾਨਕ! ਆਖ—ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ ਉਸ ਦੇ ਹਿਰਦੇ ਵਿਚ ਸਦਾ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਇਕ-ਰਸ ਵਾਜੇ ਵੱਜਦੇ ਰਹਿੰਦੇ ਹਨ (ਇਸ ਵਾਸਤੇ) ਉਸ ਨੂੰ ਵਿਕਾਰਾਂ ਦੀ ਪ੍ਰੇਰਨਾ ਸੁਣੀ ਹੀ ਨਹੀਂ ਜਾਂਦੀ) ।੫।੪੦।੯੧।

ਆਸਾ ਮਹਲਾ ੫ ਦੁਪਦਾ ੧ ॥ ਸਾਧੂ ਸੰਗਿ ਸਿਖਾਇਓ ਨਾਮੁ ॥ ਸਰਬ ਮਨੋਰਥ ਪੂਰਨ ਕਾਮ ॥ ਬੁਝਿ ਗਈ ਤ੍ਰਿਸਨਾ ਹਰਿ ਜਸਹਿ ਅਘਾਨੇ ॥ ਜਪਿ ਜਪਿ ਜੀਵਾ ਸਾਰਿਗਪਾਨੇ ॥੧॥ ਕਰਨ

ਕਰਾਵਨ ਸਰਨਿ ਪਰਿਆ ॥ ਗੁਰ ਪਰਸਾਦਿ ਸਹਜ ਘਰੁ ਪਾਇਆ ਮਿਟਿਆ ਅੰਧੇਰਾ ਚੰਦੁ ਚੜਿਆ ॥੧॥ ਰਹਾਉ ॥ ਲਾਲ ਜਵੇਹਰ ਭਰੇ ਭੰਡਾਰ ॥ ਤੋਟਿ ਨ ਆਵੈ ਜਪਿ ਨਿਰੰਕਾਰ ॥ ਅੰਮ੍ਰਿਤ ਸਬਦੁ ਪੀਵੈ ਜਨੁ ਕੋਇ ॥ ਨਾਨਕ ਤਾ ਕੀ ਪਰਮ ਗਤਿ ਹੋਇ ॥੨॥੪੧॥੯੨॥ {ਪੰਨਾ 393}

ਪਦਅਰਥ:- ਸਾਧੂ—ਗੁਰੂ । ਸੰਗਿ—ਸੰਗਤਿ ਵਿਚ । ਸਰਬ—ਸਾਰੇ । ਕਾਮ—ਕੰਮ । ਪੂਰਨ—ਪੂਰੇ ਹੋ ਜਾਂਦੇ ਹਨ । ਜਸਹਿ—ਜਸ ਵਿਚ, ਸਿਫ਼ਤਿ-ਸਾਲਾਹ ਵਿਚ । ਅਘਾਨੇ—ਰੱਜੇ ਰਹਿੰਦੇ ਹਨ । ਜੀਵਾ—ਮੈਂ ਜੀਊਂਦਾ ਹਾਂ, ਜੀਵਾਂ । ਸਾਰਿਗਪਾਨੇ—{ਸਾਰਿਗ—ਧਨੁਖ । ਪਾਨਿ—ਹੱਥ । ਜਿਸ ਦੇ ਹੱਥ ਵਿਚ ਧਨੁਖ ਹੈ, ਜੋ ਸਭ ਦਾ ਨਾਸ ਕਰਨ ਵਾਲਾ ਭੀ ਹੈ} ਪਰਮਾਤਮਾ ।੧।

ਪਰਸਾਦਿ—ਪ੍ਰਸਾਦਿ, ਕਿਰਪਾ ਨਾਲ । ਸਹਜ—ਆਤਮਕ ਅਡੋਲਤਾ ।੧।

ਲਾਲ—ਹੀਰੇ । ਭੰਡਾਰ—ਖ਼ਜ਼ਾਨੇ । ਜਪਿ—ਜਪ ਕੇ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ ਜਲ । ਜਨੁ—ਕੋਇ, ਜੇਹੜਾ ਭੀ ਮਨੁੱਖ । ਪਰਮ ਗਤਿ—ਸਭ ਤੋਂ ਉੱਚੀ ਆਤਮਕ ਅਵਸਥਾ ।੨।

ਅਰਥ:- (ਹੇ ਭਾਈ! ਜੇਹੜਾ ਭੀ ਮਨੁੱਖ) ਗੁਰੂ ਦੀ ਕਿਰਪਾ ਨਾਲ ਉਸ ਪਰਮਾਤਮਾ ਦੀ ਸਰਨ ਪੈ ਜਾਂਦਾ ਹੈ ਜੋ ਸਭ ਕੁਝ ਕਰਨ ਤੇ ਸਭ ਕੁਝ ਕਰਾਣ ਦੀ ਤਾਕਤ ਵਾਲਾ ਹੈ ਉਹ ਮਨੁੱਖ ਉਹ ਆਤਮਕ ਟਿਕਾਣਾ ਲੱਭ ਲੈਂਦਾ ਹੈ, ਜਿਥੇ ਉਸ ਨੂੰ ਆਤਮਕ ਅਡੋਲਤਾ ਮਿਲੀ ਰਹਿੰਦੀ ਹੈ । (ਉਸ ਦੇ ਅੰਦਰੋਂ ਮਾਇਆ ਦੇ ਮੋਹ ਦਾ) ਹਨੇਰਾ ਦੂਰ ਹੋ ਜਾਂਦਾ ਹੈ (ਉਸ ਦੇ ਅੰਦਰ ਮਾਨੋ) ਚੰਦ ਚੜ੍ਹ ਪੈਂਦਾ ਹੈ (ਆਤਮਕ ਜੀਵਨ ਦੀ ਰੋਸ਼ਨੀ ਹੋ ਜਾਂਦੀ ਹੈ) ।੧।

(ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ) ਗੁਰੂ ਆਪਣੀ ਸੰਗਤਿ ਵਿਚ ਰੱਖ ਕੇ ਪਰਮਾਤਮਾ ਦਾ ਨਾਮ ਸਿਮਰਨਾ ਸਿਖਾਂਦਾ ਹੈ ਉਹਨਾਂ ਦੇ ਸਾਰੇ ਮਨੋਰਥ, ਸਾਰੇ ਕੰਮ ਸਫਲ ਹੋ ਜਾਂਦੇ ਹਨ (ਉਹਨਾਂ ਦੇ ਅੰਦਰੋਂ ਤ੍ਰਿਸ਼ਨਾ ਦੀ ਅੱਗ) ਬੁੱਝ ਜਾਂਦੀ ਹੈ, ਉਹ ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਿਚ ਟਿਕ ਕੇ (ਮਾਇਆ ਵਲੋਂ) ਰੱਜੇ ਰਹਿੰਦੇ ਹਨ ।

(ਹੇ ਭਾਈ!) ਮੈਂ ਭੀ ਜਿਉਂ ਜਿਉਂ ਪਰਮਾਤਮਾ ਦਾ ਨਾਮ ਜਪਦਾ ਹਾਂ, ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ ।੧।

ਹੇ ਨਾਨਕ! (ਉੱਚੇ ਆਤਮਕ ਜੀਵਨ ਵਾਲੇ ਗੁਣ, ਮਾਨੋ) ਹੀਰੇ ਜਵਾਹਰ ਹਨ, ਪਰਮਾਤਮਾ ਦਾ ਨਾਮ ਜਪ ਕੇ ਮਨੁੱਖ ਦੇ ਅੰਦਰ ਇਹਨਾਂ ਦੇ ਖ਼ਜ਼ਾਨੇ ਭਰ ਜਾਂਦੇ ਹਨ ਤੇ ਕਦੇ ਇਹਨਾਂ ਦੀ ਥੁੜ ਨਹੀਂ ਹੁੰਦੀ । ਗੁਰੂ ਦਾ ਸ਼ਬਦ ਆਤਮਕ ਜੀਵਨ ਦੇਣ ਵਾਲਾ ਜਲ ਹੈ, ਜੇਹੜਾ ਭੀ ਮਨੁੱਖ ਇਹ ਨਾਮ-ਜਲ ਪੀਂਦਾ ਹੈ ਉਸ ਦੀ ਸਭ ਤੋਂ ਉੱਚੀ ਆਤਮਕ ਅਵਸਥਾ ਬਣ ਜਾਂਦੀ ਹੈ ।੨।੪੧।੯੨।

ਆਸਾ ਘਰੁ ੭ ਮਹਲਾ ੫ ॥ ਹਰਿ ਕਾ ਨਾਮੁ ਰਿਦੈ ਨਿਤ ਧਿਆਈ ॥ ਸੰਗੀ ਸਾਥੀ ਸਗਲ ਤਰਾਂਈ ॥੧॥ ਗੁਰੁ ਮੇਰੈ ਸੰਗਿ ਸਦਾ ਹੈ ਨਾਲੇ ॥ ਸਿਮਰਿ ਸਿਮਰਿ ਤਿਸੁ ਸਦਾ ਸਮ੍ਹਾਲੇ ॥੧॥ ਰਹਾਉ ॥ ਤੇਰਾ ਕੀਆ ਮੀਠਾ ਲਾਗੈ ॥ ਹਰਿ ਨਾਮੁ ਪਦਾਰਥੁ ਨਾਨਕੁ ਮਾਂਗੈ ॥੨॥੪੨॥੯੩॥ {ਪੰਨਾ 394}

ਪਦਅਰਥ:- ਰਿਦੈ—ਹਿਰਦੇ ਵਿਚ । ਧਿਆਈ—ਧਿਆਈਂ, ਮੈਂ ਧਿਆਵਾਂ । ਸਗਲ—ਸਾਰੇ । ਤਰਾਂਈ—ਮੈਂ ਪਾਰ ਲੰਘਾ ਲਵਾਂ ।੧।

ਸੰਗਿ—ਨਾਲ । ਤਿਸੁ—ਉਸ (ਪਰਮਾਤਮਾ) ਨੂੰ । ਸਮ੍ਹਾਲੇ—ਸਮ੍ਹਾਲੀਂ, ਮੈਂ ਹਿਰਦੇ ਵਿਚ ਟਿਕਾ ਰੱਖਾਂ ।੧।ਰਹਾਉ।

ਨਾਨਕੁ ਮਾਂਗੈ—ਨਾਨਕ ਮੰਗਦਾ ਹੈ ।੨।

ਅਰਥ:- (ਹੇ ਭਾਈ! ਮੇਰਾ) ਗੁਰੂ ਸਦਾ ਮੇਰੇ ਨਾਲ ਵੱਸਦਾ ਹੈ ਮੇਰੇ ਅੰਗ-ਸੰਗ ਰਹਿੰਦਾ ਹੈ (ਗੁਰੂ ਦੀ ਹੀ ਕਿਰਪਾ ਨਾਲ) ਮੈਂ ਉਸ (ਪਰਮਾਤਮਾ) ਨੂੰ ਸਦਾ ਸਿਮਰ ਕੇ ਸਦਾ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹਾਂ ।੧।

(ਹੇ ਭਾਈ! ਅੰਗ-ਸੰਗ ਵੱਸਦੇ ਗੁਰੂ ਦੀ ਹੀ ਕਿਰਪਾ ਨਾਲ) ਮੈਂ ਪਰਮਾਤਮਾ ਦਾ ਨਾਮ ਸਦਾ ਆਪਣੇ ਹਿਰਦੇ ਵਿਚ ਧਿਆਉਂਦਾ ਹਾਂ (ਇਸ ਤਰ੍ਹਾਂ ਮੈਂ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਜੋਗਾ ਹੋ ਰਿਹਾ ਹਾਂ) ਆਪਣੇ ਸੰਗੀਆਂ ਸਾਥੀਆਂ (ਗਿਆਨ-ਇੰਦ੍ਰਿਆਂ) ਨੂੰ ਪਾਰ ਲੰਘਾਣ ਜੋਗਾ ਬਣ ਰਿਹਾ ਹਾਂ ।੧।

(ਹੇ ਪ੍ਰਭੂ! ਇਹ ਤੇਰੇ ਮਿਲਾਏ ਹੋਏ ਗੁਰੂ ਦੀ ਮੇਹਰ ਹੈ ਕਿ) ਮੈਨੂੰ ਤੇਰਾ ਕੀਤਾ ਹੋਇਆ ਹਰੇਕ ਕੰਮ ਚੰਗਾ ਲੱਗ ਰਿਹਾ ਹੈ ਤੇ (ਤੇਰਾ ਦਾਸ) ਨਾਨਕ ਤੇਰੇ ਪਾਸੋਂ ਸਭ ਤੋਂ ਕੀਮਤੀ ਵਸਤ ਤੇਰਾ ਨਾਮ ਮੰਗ ਰਿਹਾ ਹੈ ।੨।੪੨।੯੩।

ਆਸਾ ਮਹਲਾ ੫ ॥ ਸਾਧੂ ਸੰਗਤਿ ਤਰਿਆ ਸੰਸਾਰੁ ॥ ਹਰਿ ਕਾ ਨਾਮੁ ਮਨਹਿ ਆਧਾਰੁ ॥੧॥ ਚਰਨ ਕਮਲ ਗੁਰਦੇਵ ਪਿਆਰੇ ॥ ਪੂਜਹਿ ਸੰਤ ਹਰਿ ਪ੍ਰੀਤਿ ਪਿਆਰੇ ॥੧॥ ਰਹਾਉ ॥ ਜਾ ਕੈ ਮਸਤਕਿ ਲਿਖਿਆ ਭਾਗੁ ॥ ਕਹੁ ਨਾਨਕ ਤਾ ਕਾ ਥਿਰੁ ਸੋਹਾਗੁ ॥੨॥੪੩॥੯੪॥ {ਪੰਨਾ 394}

ਪਦਅਰਥ:- ਸਾਧੂ—ਗੁਰੂ । ਮਨਹਿ—ਮਨ ਦਾ । ਆਧਾਰੁ—ਆਸਰਾ ।੧।

ਚਰਨ ਕਮਲ—ਕੌਲ-ਫੁੱਲਾਂ ਵਰਗੇ ਸੋਹਣੇ ਕੋਮਲ ਚਰਨ । ਪੂਜਹਿ—ਪੂਜਦੇ ਹਨ । ਪਿਆਰੇ—ਪਿਆਰਿ, ਪਿਆਰ ਨਾਲ ।੧।ਰਹਾਉ।

ਮਸਤਕਿ—ਮੱਥੇ ਉਤੇ । ਸੋਹਾਗੁ—ਚੰਗਾ ਭਾਗ । ਥਿਰੁ—ਸਦਾ ਕਾਇਮ ਰਹਿਣ ਵਾਲਾ ।੨।

ਅਰਥ:- (ਹੇ ਭਾਈ!) ਹਰੀ ਦੇ ਸੰਤ ਜਨ ਪ੍ਰੀਤਿ ਨਾਲ, ਪਿਆਰ ਨਾਲ ਪਿਆਰੇ ਗੁਰਦੇਵ ਦੇ ਸੋਹਣੇ ਕੋਮਲ ਚਰਨ ਪੂਜਦੇ ਰਹਿੰਦੇ ਹਨ ।੧।ਰਹਾਉ।

ਹੇ ਭਾਈ! (ਜੇਹੜਾ ਭੀ ਮਨੁੱਖ ਨਿਮ੍ਰਤਾ ਧਾਰ ਕੇ ਗੁਰੂ ਦੀ ਸੰਗਤਿ ਕਰਦਾ ਹੈ) ਗੁਰੂ ਦੀ ਸੰਗਤਿ ਦੀ ਬਰਕਤਿ ਨਾਲ ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ (ਕਿਉਂਕਿ) ਪਰਮਾਤਮਾ ਦਾ ਨਾਮ ਉਸ ਦੇ ਮਨ ਦਾ ਆਸਰਾ ਬਣਿਆ ਰਹਿੰਦਾ ਹੈ ।੧।

ਹੇ ਨਾਨਕ! ਜਿਸ ਮਨੁੱਖ ਦੇ ਮੱਥੇ ਤੇ (ਪੂਰਬਲੇ ਜਨਮਾਂ ਦੇ ਕਰਮਾਂ ਦਾ) ਲਿਖਿਆ ਲੇਖ ਜਾਗ ਪੈਂਦਾ ਹੈ ਉਸ ਨੂੰ ਮਿਲੀ ਇਹ ਸੁਭਾਗਤਾ (ਗੁਰੂ ਦੀ ਸੰਗਤਿ ਦੀ ਬਰਕਤਿ ਨਾਲ) ਸਦਾ ਲਈ ਕਾਇਮ ਰਹਿੰਦੀ ਹੈ ।੨।੪੩।੯੪।

ਨੋਟ:- ਨੰ: ੯੨, ੯੩, ੯੪—ਇਹ ਤਿੰਨ ਸ਼ਬਦ ਦੋ ਦੋ ਬੰਦਾਂ ਵਾਲੇ ਹਨ ।

ਆਸਾ ਮਹਲਾ ੫ ॥ ਮੀਠੀ ਆਗਿਆ ਪਿਰ ਕੀ ਲਾਗੀ ॥ ਸਉਕਨਿ ਘਰ ਕੀ ਕੰਤਿ ਤਿਆਗੀ ॥ ਪ੍ਰਿਅ ਸੋਹਾਗਨਿ ਸੀਗਾਰਿ ਕਰੀ ॥ ਮਨ ਮੇਰੇ ਕੀ ਤਪਤਿ ਹਰੀ ॥੧॥ ਭਲੋ ਭਇਓ ਪ੍ਰਿਅ ਕਹਿਆ ਮਾਨਿਆ ॥ ਸੂਖੁ ਸਹਜੁ ਇਸੁ ਘਰ ਕਾ ਜਾਨਿਆ ॥ ਰਹਾਉ ॥ ਹਉ ਬੰਦੀ ਪ੍ਰਿਅ ਖਿਜਮਤਦਾਰ ॥ ਓਹੁ ਅਬਿਨਾਸੀ ਅਗਮ ਅਪਾਰ ॥ ਲੇ ਪਖਾ ਪ੍ਰਿਅ ਝਲਉ ਪਾਏ ॥ ਭਾਗਿ ਗਏ ਪੰਚ ਦੂਤ ਲਾਵੇ

॥੨॥ ਨਾ ਮੈ ਕੁਲੁ ਨਾ ਸੋਭਾਵੰਤ ॥ ਕਿਆ ਜਾਨਾ ਕਿਉ ਭਾਨੀ ਕੰਤ ॥ ਮੋਹਿ ਅਨਾਥ ਗਰੀਬ ਨਿਮਾਨੀ ॥ ਕੰਤ ਪਕਰਿ ਹਮ ਕੀਨੀ ਰਾਨੀ ॥੩॥ ਜਬ ਮੁਖਿ ਪ੍ਰੀਤਮੁ ਸਾਜਨੁ ਲਾਗਾ ॥ ਸੂਖ ਸਹਜ ਮੇਰਾ ਧਨੁ ਸੋਹਾਗਾ ॥ ਕਹੁ ਨਾਨਕ ਮੋਰੀ ਪੂਰਨ ਆਸਾ ॥ ਸਤਿਗੁਰ ਮੇਲੀ ਪ੍ਰਭ ਗੁਣਤਾਸਾ ॥੪॥੧॥੯੫॥ {ਪੰਨਾ 394}

ਪਦਅਰਥ:- ਪਿਰ ਕੀ—ਪ੍ਰਭੂ-ਪਤੀ ਦੀ । ਆਗਿਆ—ਰਜ਼ਾ । ਸਉਕਨਿ ਘਰ ਕੀ—ਮੇਰੇ ਹਿਰਦੇ-ਘਰ ਵਿਚ ਵੱਸਦੀ ਸੌਂਕਣ । ਸਉਕਨਿ—ਪਤੀ-ਮਿਲਾਪ ਵਿਚ ਰੋਕ ਪਾਣ ਵਾਲੀ ਮਾਇਆ । ਕੰਤਿ—ਕੰਤ ਨੇ । ਤਿਆਗੀ—ਖ਼ਲਾਸੀ ਕਰਾ ਦਿੱਤੀ ਹੈ । ਸੀਗਾਰਿ ਕਰੀ—ਮੈਨੂੰ ਸੋਹਣੀ ਬਣਾ ਦਿੱਤਾ ਹੈ । ਤਪਤਿ—ਤਪਸ਼ । ਹਰੀ—ਦੂਰ ਕਰ ਦਿੱਤੀ ਹੈ ।੧।

ਭਲੋ ਭਇਓ—ਚੰਗਾ ਹੋਇਆ, ਮੇਰੇ ਭਾਗ ਜਾਗ ਪਏ । ਪ੍ਰਿਅ ਕਹਿਆ—ਪਿਆਰੇ ਦਾ ਹੁਕਮ । ਸਹਜੁ—ਆਤਮਕ ਅਡੋਲਤਾ । ਇਸੁ ਘਰ ਕਾ—ਇਸ ਹਿਰਦੇ-ਘਰ ਦਾ ।ਰਹਾਉ।

ਹਉ—ਮੈਂ । ਬੰਦੀ—ਦਾਸੀ । ਖਿਜਮਤਦਾਰ—ਸੇਵਾ ਕਰਨ ਵਾਲੀ । ਓਹੁ—ਉਹ ਪ੍ਰਭੂ-ਪਤੀ । ਅਗਮ—ਅਪਹੁੰਚ । ਅਪਾਰ—ਬੇਅੰਤ । ਲੇ—ਲੈ ਕੇ । ਝਲਉ—ਝੱਲਉਂ, ਮੈਂ ਝੱਲਦੀ ਹਾਂ । ਪਾਏ—ਪੈਰਾਂ ਵਿਚ (ਖਲੋ ਕੇ) । ਦੂਤ—ਵੈਰੀ । ਲਾਵੈ—ਵਾਢੇ, (ਆਤਮਕ ਜੀਵਨ ਨੂੰ) ਕੱਟਣ ਵਾਲੇ ।੨।

ਕੁਲੁ—ਉੱਚਾ ਖ਼ਾਨਦਾਨ । ਕਿਆ ਜਾਨਾ—ਮੈਂ ਕੀਹ ਜਾਣਾਂ? ਕਿਉ—ਕਿਸ ਤਰ੍ਹਾਂ? ਭਾਨੀ—ਪਸੰਦ ਆਈ । ਮੋਹਿ—ਮੈਨੂੰ । ਕੰਤ—ਕੰਤ ਨੇ । ਕੀਨੀ—ਬਣਾ ਲਿਆ ।੩।

ਮੁਖਿ ਲਾਗਾ—ਮੂੰਹ ਤੇ ਲੱਗਾ, ਮੂੰਹ ਲੱਗਾ, ਦਿੱਸਿਆ, ਦਰਸਨ ਹੋਇਆ । ਧਨੁ—ਧੰਨ, ਭਾਗਾਂ ਵਾਲਾ । ਮੋਰੀ—ਮੇਰੀ । ਸਤਿਗੁਰ—ਸਤਿਗੁਰ ਨੇ । ਗੁਣਤਾਸਾ—ਗੁਣਾਂ ਦਾ ਖ਼ਜ਼ਾਨਾ ।੪।

ਅਰਥ:- (ਹੇ ਸਖੀ!) ਮੇਰੇ ਭਾਗ ਜਾਗ ਪਏ ਹਨ (ਕਿ ਗੁਰੂ ਦੀ ਕਿਰਪਾ ਨਾਲ) ਮੈਂ ਪਿਆਰੇ (ਪ੍ਰਭੂ-ਪਤੀ) ਦੀ ਰਜ਼ਾ (ਮਿੱਠੀ ਕਰ ਕੇ) ਮੰਨਣੀ ਸ਼ੁਰੂ ਕਰ ਦਿੱਤੀ ਹੈ, ਹੁਣ ਮੇਰੇ ਇਸ ਹਿਰਦੇ-ਘਰ ਵਿਚ ਵੱਸਦੇ ਸੁਖ ਤੇ ਆਤਮਕ ਅਡੋਲਤਾ ਨਾਲ ਮੇਰੀ ਡੂੰਘੀ ਸਾਂਝ ਬਣ ਗਈ ਹੈ ।੧।ਰਹਾਉ।

(ਹੇ ਸਖੀ! ਗੁਰੂ ਦੀ ਕਿਰਪਾ ਨਾਲ ਜਦੋਂ ਤੋਂ) ਮੈਨੂੰ ਪ੍ਰਭੂ-ਪਤੀ ਦੀ ਰਜ਼ਾ ਮਿੱਠੀ ਲੱਗ ਰਹੀ ਹੈ (ਤਦੋਂ ਤੋਂ) ਪ੍ਰਭੂ-ਪਤੀ ਨੇ ਮੇਰਾ ਹਿਰਦਾ-ਘਰ ਮੱਲ ਕੇ ਬੈਠੀ ਮੇਰੀ ਸੌਂਕਣ (ਮਾਇਆ) ਤੋਂ ਖ਼ਲਾਸੀ ਕਰਾ ਦਿੱਤੀ ਹੈ । ਪਿਆਰੇ ਨੇ ਸੁਹਾਗਣ ਬਣਾ ਕੇ ਮੈਨੂੰ (ਮੇਰੇ ਆਤਮਕ ਜੀਵਨ ਨੂੰ) ਸੁੰਦਰ ਬਣਾ ਦਿੱਤਾ ਹੈ, ਤੇ ਮੇਰੇ ਮਨ ਦੀ (ਤ੍ਰਿਸ਼ਨਾ ਦੀ) ਤਪਸ਼ ਦੂਰ ਕਰ ਦਿੱਤੀ ਹੈ ।੧।

(ਹੇ ਸਖੀ! ਹੁਣ) ਮੈਂ ਪਿਆਰੇ ਪ੍ਰਭੂ-ਪਤੀ ਦੀ ਦਾਸੀ ਬਣ ਗਈ ਹਾਂ ਸੇਵਾਦਾਰਨੀ ਬਣ ਗਈ ਹਾਂ । (ਹੇ ਸਖੀ! ਮੇਰਾ) ਉਹ (ਪਤੀ) ਕਦੇ ਮਰਨ ਵਾਲਾ ਨਹੀਂ, ਅਪਹੁੰਚ ਤੇ ਬੇਅੰਤ ਹੈ । (ਹੇ ਸਖੀ! ਗੁਰੂ ਦੀ ਕਿਰਪਾ ਨਾਲ ਜਦੋਂ ਤੋਂ) ਪੱਖਾ (ਹੱਥ ਵਿਚ) ਫੜ ਕੇ ਉਸ ਦੇ ਪੈਰਾਂ ਵਿਚ ਖਲੋ ਕੇ ਮੈਂ ਉਸ ਪਿਆਰੇ ਨੂੰ ਝੱਲਦੀ ਰਹਿੰਦੀ ਹਾਂ (ਤਦੋਂ ਤੋਂ ਮੇਰੇ ਆਤਮਕ ਜੀਵਨ ਦੀਆਂ ਜੜ੍ਹਾਂ) ਕੱਟਣ ਵਾਲੇ ਕਾਮਾਦਿਕ ਪੰਜੇ ਵੈਰੀ ਭੱਜ ਗਏ ਹਨ ।੨।

(ਹੇ ਸਖੀ!) ਨਾਹ ਮੇਰਾ ਕੋਈ ਉੱਚਾ ਖ਼ਾਨਦਾਨ ਹੈ, ਨਾਹ (ਕਿਸੇ ਗੁਣਾਂ ਦੀ ਬਰਕਤਿ ਨਾਲ) ਮੈਂ ਸੋਭਾ ਦੀ ਮਾਲਕ ਹਾਂ, ਮੈਨੂੰ ਪਤਾ ਨਹੀਂ ਮੈਂ ਕਿਵੇਂ ਪ੍ਰਭੂ-ਪਤੀ ਨੂੰ ਚੰਗੀ ਲੱਗ ਰਹੀ ਹਾਂ । (ਹੇ ਸਖੀ! ਇਹ ਗੁਰੂ ਪਾਤਿਸ਼ਾਹ ਦੀ ਹੀ ਮੇਹਰ ਹੈ ਕਿ) ਮੈਨੂੰ ਅਨਾਥ ਨੂੰ ਗ਼ਰੀਬਣੀ ਨੂੰ ਨਿਮਾਣੀ ਨੂੰ ਕੰਤ-ਪ੍ਰਭੂ ਨੇ (ਬਾਹੋਂ) ਫੜ ਕੇ ਆਪਣੀ ਰਾਣੀ ਬਣਾ

ਲਿਆ ਹੈ ।੩।

(ਹੇ ਸਹੇਲੀਏ! ਜਦੋਂ ਤੋਂ) ਮੈਨੂੰ ਮੇਰਾ ਸੱਜਣ ਪ੍ਰੀਤਮ ਮਿਲਿਆ ਹੈ, ਮੇਰੇ ਅੰਦਰ ਆਨੰਦ ਬਣ ਰਿਹਾ ਹੈ ਆਤਮਕ ਅਡੋਲਤਾ ਪੈਦਾ ਹੋ ਗਈ ਹੈ, ਮੇਰੇ ਭਾਗ ਜਾਗ ਪਏ ਹਨ ।

ਹੇ ਨਾਨਕ! ਆਖ—(ਹੇ ਸਹੇਲੀਏ! ਪ੍ਰਭੂ-ਪਤੀ ਦੇ ਮਿਲਾਪ ਦੀ) ਮੇਰੀ ਆਸ ਪੂਰੀ ਹੋ ਗਈ ਹੈ, ਸਤਿਗੁਰੂ ਨੇ ਹੀ ਮੈਨੂੰ ਗੁਣਾਂ ਦੇ ਖ਼ਜ਼ਾਨੇ ਉਸ ਪ੍ਰਭੂ ਨਾਲ ਮਿਲਾਇਆ ਹੈ ।੪।੧।੯੫।

ਨੋਟ:- ਸ਼ਬਦ ਨੰ: ੯੪ ਤੋਂ ਫਿਰ ਚਾਰ ਬੰਦਾਂ ਵਾਲੇ ਸ਼ਬਦ ਸ਼ੁਰੂ ਹੋ ਗਏ ਹਨ ।

ਆਸਾ ਮਹਲਾ ੫ ॥ ਮਾਥੈ ਤ੍ਰਿਕੁਟੀ ਦ੍ਰਿਸਟਿ ਕਰੂਰਿ ॥ ਬੋਲੈ ਕਉੜਾ ਜਿਹਬਾ ਕੀ ਫੂੜਿ ॥ ਸਦਾ ਭੂਖੀ ਪਿਰੁ ਜਾਨੈ ਦੂਰਿ ॥੧॥ ਐਸੀ ਇਸਤ੍ਰੀ ਇਕ ਰਾਮਿ ਉਪਾਈ ॥ ਉਨਿ ਸਭੁ ਜਗੁ ਖਾਇਆ ਹਮ ਗੁਰਿ ਰਾਖੇ ਮੇਰੇ ਭਾਈ ॥ ਰਹਾਉ ॥ ਪਾਇ ਠਗਉਲੀ ਸਭੁ ਜਗੁ ਜੋਹਿਆ ॥ ਬ੍ਰਹਮਾ ਬਿਸਨੁ ਮਹਾਦੇਉ ਮੋਹਿਆ ॥ ਗੁਰਮੁਖਿ ਨਾਮਿ ਲਗੇ ਸੇ ਸੋਹਿਆ ॥੨॥ ਵਰਤ ਨੇਮ ਕਰਿ ਥਾਕੇ ਪੁਨਹਚਰਨਾ ॥ ਤਟ ਤੀਰਥ ਭਵੇ ਸਭ ਧਰਨਾ ॥ ਸੇ ਉਬਰੇ ਜਿ ਸਤਿਗੁਰ ਕੀ ਸਰਨਾ ॥੩॥ ਮਾਇਆ ਮੋਹਿ ਸਭੋ ਜਗੁ ਬਾਧਾ ॥ ਹਉਮੈ ਪਚੈ ਮਨਮੁਖ ਮੂਰਾਖਾ ॥ ਗੁਰ ਨਾਨਕ ਬਾਹ ਪਕਰਿ ਹਮ ਰਾਖਾ ॥੪॥੨॥੯੬॥ {ਪੰਨਾ 394}

ਪਦਅਰਥ:- ਮਾਥੈ—ਮੱਥੇ ਉਤੇ । ਤ੍ਰਿਕੁਟੀ—ਤ੍ਰਿਉੜੀ । ਕਰੂਰਿ—ਗੁੱਸੇ-ਭਰੀ । ਫੂੜਿ—ਖਰ੍ਹਵੀ ।੧।

ਰਾਮਿ—ਰਾਮ ਨੇ, ਪਰਮਾਤਮਾ ਨੇ । ਉਪਾਈ—ਪੈਦਾ ਕੀਤੀ । ਉਨਿ—ਉਸ (ਇਸਤ੍ਰੀ) ਨੇ । ਹਮ—ਮੈਨੂੰ । ਗੁਰਿ—ਗੁਰੂ ਨੇ ।੧।ਰਹਾਉ।

ਠਗਉਰੀ—ਠਗਮੂਰੀ, ਠਗ-ਬੂਟੀ, ਉਹ ਨਸ਼ੀਲੀ ਬੂਟੀ ਜੋ ਖਵਾ ਕੇ ਠੱਗ ਭੋਲੇ ਰਾਹੀਆਂ ਨੂੰ ਠੱਗ ਲਿਆ ਕਰਦੇ ਹਨ । ਜੋਹਿਆ—ਤੱਕ ਵਿਚ ਰੱਖਿਆ ਹੋਇਆ ਹੈ । ਮੋਹਿਆ—ਮੋਹ ਵਿਚ ਫਸਾ ਲਿਆ । ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ਨਾਮਿ—ਨਾਮ ਵਿਚ । ਸੇ—ਉਹ ਬੰਦੇ । ਸੋਹਿਆ—ਸੋਹਣੇ ਬਣ ਗਏ ।੨।

ਕਰਿ—ਕਰ ਕੇ । ਪੁਨਹ ਚਰਨਾ—ਪੁਨਹ ਆਚਰਨ, ਪਛਤਾਵੇ ਵਜੋਂ ਕੀਤੇ ਹੋਏ ਧਾਰਮਿਕ ਕੰਮ । ਤਟ—ਨਦੀਆਂ ਦੇ ਕਿਨਾਰੇ । ਧਰਨਾ—ਧਰਤੀ । ਉਬਰੇ—(ਮਾਇਆ ਦੇ ਪੰਜੇ ਤੋਂ) ਬਚੇ । ਜਿ—ਜੇਹੜੇ ।੩।

ਮੋਹਿ—ਮੋਹ ਵਿਚ । ਪਚੈ—ਖ਼ੁਆਰ ਹੁੰਦਾ ਹੈ । ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ । ਗੁਰ—ਹੇ ਗੁਰੂ! ।੪।

ਅਰਥ:- ਹੇ ਮੇਰੇ ਵੀਰ! ਪਰਮਾਤਮਾ ਨੇ (ਮਾਇਆ) ਇਕ ਅਜੇਹੀ ਇਸਤ੍ਰੀ ਪੈਦਾ ਕੀਤੀ ਹੋਈ ਹੈ ਕਿ ਉਸ ਨੇ ਸਾਰੇ ਜਗਤ ਨੂੰ ਖਾ ਲਿਆ ਹੈ (ਆਪਣੇ ਕਾਬੂ ਵਿਚ ਕੀਤਾ ਹੋਇਆ ਹੈ), ਮੈਨੂੰ ਤਾਂ ਗੁਰੂ ਨੇ (ਉਸ ਮਾਇਆ-ਇਸਤ੍ਰੀ ਤੋਂ) ਬਚਾ ਰੱਖਿਆ ਹੈ ।੧।ਰਹਾਉ।

(ਹੇ ਭਾਈ! ਉਸ ਮਾਇਆ-ਇਸਤ੍ਰੀ ਦੇ) ਮੱਥੇ ਉਤੇ ਤ੍ਰਿਉੜੀ (ਪਈ ਰਹਿੰਦੀ) ਹੈ ਉਸ ਦੀ ਨਿਗਾਹ ਗੁੱਸੇ ਨਾਲ ਭਰੀ ਰਹਿੰਦੀ ਹੈ ਉਹ (ਸਦਾ) ਕੌੜਾ ਬੋਲਦੀ ਹੈ, ਜੀਭ ਦੀ ਖਰ੍ਹਵੀ ਹੈ (ਸਾਰੇ ਜਗਤ ਦੇ ਆਤਮਕ ਜੀਵਨ ਨੂੰ ਹੜੱਪ ਕਰ ਕੇ ਭੀ) ਉਹ ਭੁੱਖੀ ਟਿਕੀ ਰਹਿੰਦੀ ਹੈ (ਜਗਤ ਵਿਚ ਆ ਰਹੇ ਸਭ ਜੀਵਾਂ ਨੂੰ ਹੜੱਪ ਕਰਨ ਲਈ

ਤਿਆਰ ਰਹਿੰਦੀ ਹੈ) ਉਹ (ਮਾਇਆ-ਇਸਤ੍ਰੀ) ਪ੍ਰਭੂ-ਪਤੀ ਨੂੰ ਕਿਤੇ ਦੂਰ-ਵੱਸਦਾ ਸਮਝਦੀ ਹੈ (ਪ੍ਰਭੂ-ਪਤੀ ਦੀ ਪਰਵਾਹ ਨਹੀਂ ਕਰਦੀ) ।੧।

(ਹੇ ਭਾਈ! ਮਾਇਆ-ਇਸਤ੍ਰੀ ਨੇ) ਠਗਬੂਟੀ ਖਵਾ ਕੇ ਸਾਰੇ ਜਗਤ ਨੂੰ ਆਪਣੀ ਤੱਕ ਵਿਚ ਰੱਖਿਆ ਹੋਇਆ ਹੈ (ਜੀਵਾਂ ਦੀ ਕੀਹ ਪਾਇਆਂ ਹੈ? ਉਸ ਨੇ ਤਾਂ) ਬ੍ਰਹਮਾ ਨੂੰ ਵਿਸ਼ਨੂੰ ਨੂੰ ਸ਼ਿਵ ਨੂੰ ਆਪਣੇ ਮੋਹ ਵਿਚ ਫਸਾਇਆ ਹੋਇਆ ਹੈ । ਜੇਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਨਾਮ ਵਿਚ ਜੁੜੇ ਰਹਿੰਦੇ ਹਨ ਉਹ (ਉਸ ਤੋਂ ਬਚ ਕੇ) ਸੋਹਣੇ ਆਤਮਕ ਜੀਵਨ ਵਾਲੇ ਬਣੇ ਰਹਿੰਦੇ ਹਨ ।੨।

(ਹੇ ਭਾਈ! ਅਨੇਕਾਂ ਲੋਕ) ਵਰਤ ਰੱਖ ਰੱਖ ਕੇ ਧਾਰਮਿਕ ਨੇਮ ਨਿਬਾਹ ਨਿਬਾਹ ਕੇ ਤੇ (ਕੀਤੇ ਪਾਪਾਂ ਦਾ ਪ੍ਰਭਾਵ ਮਿਟਾਣ ਲਈ) ਪਛੁਤਾਵੇ ਵਜੋਂ ਧਾਰਮਿਕ ਰਸਮਾਂ ਕਰ ਕਰ ਕੇ ਥੱਕ ਗਏ, ਅਨੇਕਾਂ ਤੀਰਥਾਂ ਉਤੇ ਸਾਰੀ ਧਰਤੀ ਉਤੇ ਭਉਂ ਚੁਕੇ (ਪਰ ਇਸ ਮਾਇਆ-ਇਸਤ੍ਰੀ ਤੋਂ ਨਾਹ ਬਚ ਸਕੇ) । (ਹੇ ਭਾਈ!) ਸਿਰਫ਼ ਉਹੀ ਬੰਦੇ ਬਚਦੇ ਹਨ ਜੇਹੜੇ ਗੁਰੂ ਦੀ ਸਰਨ ਪੈਂਦੇ ਹਨ ।੩।

(ਹੇ ਭਾਈ!) ਸਾਰਾ ਜਗਤ ਮਾਇਆ ਦੇ ਮੋਹ ਵਿਚ ਬੱਝਾ ਪਿਆ ਹੈ, ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮੂਰਖ ਮਨੁੱਖ ਹਉਮੈ ਵਿਚ ਖ਼ੁਆਰ ਹੁੰਦਾ ਰਹਿੰਦਾ ਹੈ । ਹੇ ਨਾਨਕ! (ਆਖ—) ਹੇ ਗੁਰੂ! ਮੈਨੂੰ ਤੂੰ ਹੀ ਮੇਰੀ ਬਾਂਹ ਫੜ ਕੇ (ਇਸ ਦੇ ਪੰਜੇ ਤੋਂ) ਬਚਾਇਆ ਹੈ ।੪।੨।੯੬।

ਆਸਾ ਮਹਲਾ ੫ ॥ ਸਰਬ ਦੂਖ ਜਬ ਬਿਸਰਹਿ ਸੁਆਮੀ ॥ ਈਹਾ ਊਹਾ ਕਾਮਿ ਨ ਪ੍ਰਾਨੀ ॥੧॥ ਸੰਤ ਤ੍ਰਿਪਤਾਸੇ ਹਰਿ ਹਰਿ ਧ੍ਯ੍ਯਾਇ ॥ ਕਰਿ ਕਿਰਪਾ ਅਪੁਨੈ ਨਾਇ ਲਾਏ ਸਰਬ ਸੂਖ ਪ੍ਰਭ ਤੁਮਰੀ ਰਜਾਇ ॥ ਰਹਾਉ ॥ ਸੰਗਿ ਹੋਵਤ ਕਉ ਜਾਨਤ ਦੂਰਿ ॥ ਸੋ ਜਨੁ ਮਰਤਾ ਨਿਤ ਨਿਤ ਝੂਰਿ ॥੨॥ ਜਿਨਿ ਸਭੁ ਕਿਛੁ ਦੀਆ ਤਿਸੁ ਚਿਤਵਤ ਨਾਹਿ ॥ ਮਹਾ ਬਿਖਿਆ ਮਹਿ ਦਿਨੁ ਰੈਨਿ ਜਾਹਿ ॥੩॥ ਕਹੁ ਨਾਨਕ ਪ੍ਰਭੁ ਸਿਮਰਹੁ ਏਕ ॥ ਗਤਿ ਪਾਈਐ ਗੁਰ ਪੂਰੇ ਟੇਕ ॥੪॥੩॥੯੭॥ {ਪੰਨਾ 395}

ਪਦਅਰਥ:- ਸਰਬ—ਸਾਰੇ । ਬਿਸਰਹਿ—ਤੂੰ ਵਿਸਰਦਾ ਹੈਂ । ਸੁਆਮੀ—ਹੇ ਸੁਆਮੀ! ਈਹਾ—ਇਸ ਲੋਕ ਵਿਚ । ਊਹਾ—ਪਰਲੋਕ ਵਿਚ । ਕਾਮਿ ਨ—ਕਿਸੇ ਕੰਮ ਨਹੀਂ ਆਉਂਦਾ ।੧।

ਤ੍ਰਿਪਤਾਸੇ—ਰੱਜੇ ਰਹਿੰਦੇ ਹਨ । ਧ੍ਯ੍ਯਾਇ—ਧਿਆਏ, ਸਿਮਰ ਕੇ {ਅੱਖਰ 'ਧ' ਦੇ ਨਾਲ ਅੱਧਾ 'ਯ' ਹੈ} । ਨਾਇ—ਨਾਮ ਵਿਚ । ਰਜਾਇ—ਰਜ਼ਾ ਮੰਨਿਆਂ, ਹੁਕਮ ਵਿਚ ਤੁਰਿਆਂ । ਪ੍ਰਭ—ਹੇ ਪ੍ਰਭੂ! ।ਰਹਾਉ।

ਸੰਗਿ—ਨਾਲ । ਕਉ—ਨੂੰ । ਮਰਤਾ—ਆਤਮਕ ਮੌਤ ਸਹੇੜਦਾ ਹੈ । ਝੂਰਿ—ਝੁਰ ਝੁਰ ਕੇ, ਖਿੱਝ ਖਿੱਝ ਕੇ ।੨।

ਜਿਨਿ—ਜਿਸ (ਪਰਮਾਤਮਾ) ਨੇ । ਬਿਖਿਆ—ਮਾਇਆ । ਰੈਨਿ—ਰਾਤ । ਜਾਹਿ—ਬੀਤਦੇ ਹਨ ।੩।

ਨਾਨਕ—ਹੇ ਨਾਨਕ! ਗਤਿ—ਉੱਚੀ ਆਤਮਕ ਅਵਸਥਾ । ਟੇਕ—ਆਸਰਾ, ਸਰਨ ।੪।

ਅਰਥ:- ਹੇ ਪ੍ਰਭੂ! ਤੇਰੀ ਰਜ਼ਾ ਵਿਚ ਤੁਰਿਆਂ ਸਾਰੇ ਸੁਖ ਪ੍ਰਾਪਤ ਹੁੰਦੇ ਹਨ । ਹੇ ਪ੍ਰਭੂ! ਜਿਨ੍ਹਾਂ ਮਨੁੱਖਾਂ ਨੂੰ ਤੂੰ ਮੇਹਰ ਕਰ ਕੇ ਆਪਣੇ ਨਾਮ ਵਿਚ ਜੋੜੀ ਰੱਖਦਾ ਹੈਂ ਉਹ (ਤੇਰੇ) ਸੰਤ ਜਨ ਤੇਰਾ ਹਰਿ-ਨਾਮ ਸਿਮਰ ਸਿਮਰ ਕੇ (ਮਾਇਆ ਦੀ ਤ੍ਰਿਸ਼ਨਾ ਵੱਲੋਂ) ਰੱਜੇ ਰਹਿੰਦੇ ਹਨ ।੧।ਰਹਾਉ।

ਹੇ ਮਾਲਕ-ਪ੍ਰਭੂ! ਜਦੋਂ (ਕਿਸੇ ਜੀਵ ਦੇ ਮਨ ਵਿਚੋਂ) ਤੂੰ ਵਿਸਰ ਜਾਂਦਾ ਹੈਂ ਤਾਂ ਉਸ ਨੂੰ ਸਾਰੇ ਦੁੱਖ ਆ ਘੇਰਦੇ

ਹਨ, ਉਹ ਜੀਵ ਲੋਕ ਪਰਲੋਕ ਵਿਚ ਕਿਸੇ ਕੰਮ ਨਹੀਂ ਆਉਂਦਾ (ਉਸ ਦਾ ਜੀਵਨ ਵਿਅਰਥ ਹੋ ਜਾਂਦਾ ਹੈ) ।੧।

(ਹੇ ਭਾਈ!) ਜੇਹੜਾ ਮਨੁੱਖ ਆਪਣੇ ਅੰਗ-ਸੰਗ ਵੱਸਦੇ ਪਰਮਾਤਮਾ ਨੂੰ ਕਿਤੇ ਦੂਰ ਵੱਸਦਾ ਸਮਝਦਾ ਹੈ ਉਹ ਸਦਾ (ਮਾਇਆ ਦੀ ਤ੍ਰਿਸ਼ਨਾ ਦੇ ਅਧੀਨ) ਖਿੱਝ ਖਿੱਝ ਕੇ ਆਤਮਕ ਮੌਤ ਸਹੇੜੀ ਰੱਖਦਾ ਹੈ ।੨।

(ਹੇ ਭਾਈ!) ਜਿਸ ਪਰਮਾਤਮਾ ਨੇ ਹਰੇਕ ਚੀਜ਼ ਦਿੱਤੀ ਹੈ ਜੇਹੜਾ ਮਨੁੱਖ ਉਸ ਨੂੰ ਚੇਤੇ ਨਹੀਂ ਕਰਦਾ ਉਸ ਦੇ (ਜ਼ਿੰਦਗੀ ਦੇ) ਸਾਰੇ ਰਾਤ ਦਿਨ ਡਾਢੀ ਮਾਇਆ (ਦੇ ਮੋਹ) ਵਿਚ (ਫਸਿਆਂ ਹੀ) ਗੁਜ਼ਰਦੇ ਹਨ ।੩।

ਹੇ ਨਾਨਕ! ਆਖ—(ਹੇ ਭਾਈ!) ਪੂਰੇ ਗੁਰੂ ਦੀ ਸਰਨ ਪੈ ਕੇ ਇਕ ਪਰਮਾਤਮਾ ਨੂੰ ਯਾਦ ਕਰਦੇ ਰਿਹਾ ਕਰੋ (ਇਸ ਤਰ੍ਹਾਂ) ਉੱਚੀ ਆਤਮਕ ਅਵਸਥਾ ਪ੍ਰਾਪਤ ਹੋ ਜਾਂਦੀ ਹੈ (ਤੇ ਮਾਇਆ ਦੀ ਤ੍ਰਿਸ਼ਨਾ ਵਿਚ ਨਹੀਂ ਫਸੀਦਾ) ।੪।੩।੯੭।

ਆਸਾ ਮਹਲਾ ੫ ॥ ਨਾਮੁ ਜਪਤ ਮਨੁ ਤਨੁ ਸਭੁ ਹਰਿਆ ॥ ਕਲਮਲ ਦੋਖ ਸਗਲ ਪਰਹਰਿਆ ॥੧॥ ਸੋਈ ਦਿਵਸੁ ਭਲਾ ਮੇਰੇ ਭਾਈ ॥ ਹਰਿ ਗੁਨ ਗਾਇ ਪਰਮ ਗਤਿ ਪਾਈ ॥ ਰਹਾਉ ॥ ਸਾਧ ਜਨਾ ਕੇ ਪੂਜੇ ਪੈਰ ॥ ਮਿਟੇ ਉਪਦ੍ਰਹ ਮਨ ਤੇ ਬੈਰ ॥੨॥ ਗੁਰ ਪੂਰੇ ਮਿਲਿ ਝਗਰੁ ਚੁਕਾਇਆ ॥ ਪੰਚ ਦੂਤ ਸਭਿ ਵਸਗਤਿ ਆਇਆ ॥੩॥ ਜਿਸੁ ਮਨਿ ਵਸਿਆ ਹਰਿ ਕਾ ਨਾਮੁ ॥ ਨਾਨਕ ਤਿਸੁ ਊਪਰਿ ਕੁਰਬਾਨ ॥੪॥੪॥੯੮॥ {ਪੰਨਾ 395}

ਪਦਅਰਥ:- ਜਪਤ—ਜਪਦਿਆਂ । ਹਰਿਆ—ਹਰਾ {ਜਿਸ ਰੁੱਖ ਵਿਚ ਜਾਨ ਹੋਵੇ ਉਹ ਹਰਾ ਹੁੰਦਾ ਹੈ । ਜਾਨ-ਹੀਣ ਰੁੱਖ-ਸੁੱਕ ਜਾਂਦਾ ਹੈ} ਆਤਮਕ ਜੀਵਨ ਵਾਲਾ । ਕਲਮਲ—ਪਾਪ । ਦੋਖ—ਐਬ । ਪਰਹਰਿਆ—ਦੂਰ ਹੋ ਜਾਂਦੇ ਹਨ ।੧।

ਦਿਵਸੁ—ਦਿਨ । ਭਾਈ—ਹੇ ਵੀਰ! ਗਾਇ—ਗਾ ਕੇ । ਪਰਮ ਗਤਿ—ਸਭ ਤੋਂ ਉੱਚੀ ਆਤਮਕ ਅਵਸਥਾ ।ਰਹਾਉ।

ਸਾਧ—ਗੁਰਮੁਖਿ । ਉਪਦ੍ਰਹ—ਉਪੱਦ੍ਰਵ, ਛੇੜ-ਖ਼ਾਨੀਆਂ । ਤੇ—ਤੋਂ, ਵਿਚੋਂ ।੨।

ਮਿਲਿ—ਮਿਲ ਕੇ । ਝਗਰੁ—ਝਗੜਾ, ਰੌਲਾ । ਪੰਚ ਦੂਤ—ਕਾਮਾਦਿਕ ਪੰਜ ਵੈਰੀ । ਸਭਿ—ਸਾਰੇ ।੩।

ਜਿਸੁ ਮਨਿ—ਜਿਸ (ਮਨੁੱਖ) ਦੇ ਮਨ ਵਿਚ । ਊਪਰਿ—ਉਤੋਂ ।੪।

ਅਰਥ:- ਹੇ ਮੇਰੇ ਵੀਰ! ਸਿਰਫ਼ ਉਹੀ ਦਿਨ (ਮਨੁੱਖ ਵਾਸਤੇ) ਸੁਲੱਖਣਾ ਹੁੰਦਾ ਹੈ ਜਦੋਂ ਉਹ ਪਰਮਾਤਮਾ ਦੇ ਗੁਣ ਗਾ ਕੇ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰਦਾ ਹੈ ।ਰਹਾਉ।

(ਹੇ ਭਾਈ! ਜਿਵੇਂ ਪਾਣੀ ਮਿਲਣ ਨਾਲ ਰੁੱਖ ਹਰਾ ਹੋ ਜਾਂਦਾ ਹੈ, ਰੁੱਖ ਵਿਚ, ਮਾਨੋ, ਜਿੰਦ ਰੁਮਕ ਪੈਂਦੀ ਹੈ ਤਿਵੇਂ) ਪਰਮਾਤਮਾ ਦਾ ਨਾਮ ਜਪਣ ਨਾਲ (ਨਾਮ-ਜਲ ਨਾਲ) ਮਨੁੱਖ ਦਾ ਮਨ ਮਨੁੱਖ ਦਾ ਹਿਰਦਾ ਆਤਮਕ ਜੀਵਨ ਵਾਲਾ ਹੋ ਜਾਂਦਾ ਹੈ (ਉਸ ਦੇ ਅੰਦਰੋਂ) ਸਾਰੇ ਪਾਪ ਐਬ ਦੂਰ ਹੋ ਜਾਂਦੇ ਹਨ ।੧।

ਜੇਹੜਾ ਮਨੁੱਖ ਗੁਰਮੁਖਾਂ ਦੇ ਪੈਰ ਪੂਜਦਾ ਹੈ ਉਸ ਦੇ ਮਨ ਵਿਚੋਂ ਸਾਰੀਆਂ ਛੇੜ-ਖ਼ਾਨੀਆਂ ਸਾਰੇ ਵੈਰ-ਵਿਰੋਧ ਮਿੱਟ ਜਾਂਦੇ ਹਨ ।੨।

(ਹੇ ਭਾਈ!) ਜਿਸ ਮਨੁੱਖ ਨੇ ਗੁਰੂ ਨੂੰ ਮਿਲ ਕੇ (ਆਪਣੇ ਅੰਦਰੋਂ ਵਿਕਾਰਾਂ ਦਾ) ਰੌਲਾ ਮੁਕਾ ਲਿਆ, ਕਾਮਾਦਿਕ

ਪੰਜੇ ਵੈਰੀ ਸਾਰੇ ਉਸ ਦੇ ਕਾਬੂ ਵਿਚ ਆ ਜਾਂਦੇ ਹਨ ।੩।

ਹੇ ਨਾਨਕ! (ਆਖ—) ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ ਉਸ ਤੋਂ ਸਦਾ ਸਦਕੇ ਹੋਣਾ ਚਾਹੀਦਾ ਹੈ ।੪।੪।੯੮।

ਆਸਾ ਮਹਲਾ ੫ ॥ ਗਾਵਿ ਲੇਹਿ ਤੂ ਗਾਵਨਹਾਰੇ ॥ ਜੀਅ ਪਿੰਡ ਕੇ ਪ੍ਰਾਨ ਅਧਾਰੇ ॥ ਜਾ ਕੀ ਸੇਵਾ ਸਰਬ ਸੁਖ ਪਾਵਹਿ ॥ ਅਵਰ ਕਾਹੂ ਪਹਿ ਬਹੁੜਿ ਨ ਜਾਵਹਿ ॥੧॥ ਸਦਾ ਅਨੰਦ ਅਨੰਦੀ ਸਾਹਿਬੁ ਗੁਨ ਨਿਧਾਨ ਨਿਤ ਨਿਤ ਜਾਪੀਐ ॥ ਬਲਿਹਾਰੀ ਤਿਸੁ ਸੰਤ ਪਿਆਰੇ ਜਿਸੁ ਪ੍ਰਸਾਦਿ ਪ੍ਰਭੁ ਮਨਿ ਵਾਸੀਐ ॥ ਰਹਾਉ ॥ ਜਾ ਕਾ ਦਾਨੁ ਨਿਖੂਟੈ ਨਾਹੀ ॥ ਭਲੀ ਭਾਤਿ ਸਭ ਸਹਜਿ ਸਮਾਹੀ ॥ ਜਾ ਕੀ ਬਖਸ ਨ ਮੇਟੈ ਕੋਈ ॥ ਮਨਿ ਵਾਸਾਈਐ ਸਾਚਾ ਸੋਈ ॥੨॥ ਸਗਲ ਸਮਗ੍ਰੀ ਗ੍ਰਿਹ ਜਾ ਕੈ ਪੂਰਨ ॥ ਪ੍ਰਭ ਕੇ ਸੇਵਕ ਦੂਖ ਨ ਝੂਰਨ ॥ ਓਟਿ ਗਹੀ ਨਿਰਭਉ ਪਦੁ ਪਾਈਐ ॥ ਸਾਸਿ ਸਾਸਿ ਸੋ ਗੁਨ ਨਿਧਿ ਗਾਈਐ ॥੩॥ ਦੂਰਿ ਨ ਹੋਈ ਕਤਹੂ ਜਾਈਐ ॥ ਨਦਰਿ ਕਰੇ ਤਾ ਹਰਿ ਹਰਿ ਪਾਈਐ ॥ ਅਰਦਾਸਿ ਕਰੀ ਪੂਰੇ ਗੁਰ ਪਾਸਿ ॥ ਨਾਨਕੁ ਮੰਗੈ ਹਰਿ ਧਨੁ ਰਾਸਿ ॥੪॥੫॥੯੯॥ {ਪੰਨਾ 395}

ਪਦਅਰਥ:- ਗਾਵਿ ਲੇਹਿ—ਗਾ ਲੈ, ਗਾਇਆ ਕਰ । ਗਾਵਨਹਾਰੇ—ਹੇ ਗਾਉਣ ਵਾਲੇ! ਜੀਅ ਅਧਾਰ—ਜਿੰਦ ਦਾ ਆਸਰਾ । ਪਿੰਡ ਅਧਾਰ—ਸਰੀਰ ਦਾ ਆਸਰਾ । ਪਾਵਹਿ—ਤੂੰ ਪ੍ਰਾਪਤ ਕਰਦਾ ਹੈਂ । ਕਾਹੂ ਪਹਿ—ਕਿਸੇ ਪਾਸ । ਬਹੁੜਿ—ਮੁੜ, ਫਿਰ ।੧।

ਅਨੰਦੀ—ਅਨੰਦ ਦਾ ਸੋਮਾ । ਗੁਨ ਨਿਧਾਨ—ਗੁਣਾਂ ਦਾ ਖਜ਼ਾਨਾ । ਜਾਪੀਐ—ਜਪਣਾ ਚਾਹੀਦਾ ਹੈ । ਸੰਤ—ਗੁਰੂ । ਪ੍ਰਸਾਦਿ—ਕਿਰਪਾ ਨਾਲ । ਮਨਿ—ਮਨ ਵਿਚ । ਵਾਸੀਐ—ਵਸਾ ਸਕੀਦਾ ਹੈ ।ਰਹਾਉ।

ਦਾਨੁ—ਬਖ਼ਸ਼ਸ਼ । ਸਹਜਿ—ਆਤਮਕ ਅਡੋਲਤਾ ਵਿਚ ।੨।

ਸਗਲ ਸਮਗ੍ਰੀ—ਸਾਰੇ ਪਦਾਰਥ । ਪੂਰਨ—ਭਰੇ ਹੋਏ । ਗਹੀ—ਪਕੜਿਆਂ । ਸਾਸਿ ਸਾਸਿ—ਹਰੇਕ ਸਾਹ ਨਾਲ । ਗੁਨ ਨਿਧਿ—ਗੁਣਾਂ ਦਾ ਖ਼ਜ਼ਾਨਾ ।੩।

ਕਤ ਹੂ—ਕਿੱਥੇ? ਕਰੀ—ਕਰੀਂ, ਮੈਂ ਕਰਦਾ ਹਾਂ । ਰਾਸਿ—ਪੂੰਜੀ, ਸਰਮਾਇਆ ।੪।

ਅਰਥ:- (ਹੇ ਭਾਈ!) ਉਸ ਮਾਲਕ-ਪ੍ਰਭੂ (ਦੇ ਨਾਮ) ਨੂੰ ਸਦਾ ਹੀ ਜਪਣਾ ਚਾਹੀਦਾ ਹੈ ਜੋ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ ਜੋ ਸਦਾ ਆਨੰਦ ਦਾ ਸੋਮਾ ਹੈ । (ਹੇ ਭਾਈ!) ਉਸ ਪਿਆਰੇ ਗੁਰੂ ਤੋਂ ਸਦਕੇ ਜਾਣਾ ਚਾਹੀਦਾ ਹੈ ਜਿਸ ਦੀ ਕਿਰਪਾ ਨਾਲ ਪਰਮਾਤਮਾ ਨੂੰ ਮਨ ਵਿਚ ਵਸਾ ਸਕੀਦਾ ਹੈ ।੧।ਰਹਾਉ।

ਹੇ ਭਾਈ! ਜਦ ਤਕ ਗਾਵਣ ਦੀ ਸਮਰਥਾ ਹੈ ਉਸ ਪਰਮਾਤਮਾ ਦੇ ਗੁਣ ਗਾਂਦਾ ਰਹੁ ਜੋ ਤੇਰੀ ਜਿੰਦ ਦਾ ਆਸਰਾ ਹੈ ਜੋ ਤੇਰੇ ਸਰੀਰ ਦਾ ਆਸਰਾ ਹੈ ਜੋ ਤੇਰੇ ਪ੍ਰਾਣਾਂ ਦਾ ਆਸਰਾ ਹੈ, ਜਿਸ ਦੀ ਸੇਵਾ-ਭਗਤੀ ਕਰ ਕੇ ਤੂੰ ਸਾਰੇ ਸੁਖ ਹਾਸਲ ਕਰ ਲਏਂਗਾ (ਤੇ ਸੁਖਾਂ ਦੀ ਭਾਲ ਵਿਚ) ਕਿਸੇ ਹੋਰ ਪਾਸ ਮੁੜ ਜਾਣ ਦੀ ਲੋੜ ਨਹੀਂ ਪਏਗੀ ।੧।

ਹੇ ਭਾਈ! ਉਸ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ ਹੀ ਸਦਾ ਆਪਣੇ ਮਨ ਵਿਚ ਵਸਾਣਾ ਚਾਹੀਦਾ ਹੈ ਜਿਸ ਦੀ ਦਿੱਤੀ ਹੋਈ ਦਾਤਿ ਕਦੇ ਮੁੱਕਦੀ ਨਹੀਂ ਜਿਸ ਦੀ ਕੀਤੀ ਬਖ਼ਸ਼ਸ਼ ਦੇ ਰਾਹ ਵਿਚ ਕੋਈ ਰੋਕ ਨਹੀਂ ਪਾ ਸਕਦਾ (ਤੇ ਜੋ ਜੋ ਉਸ ਨੂੰ ਮਨ ਵਿਚ ਵਸਾਂਦੇ ਹਨ ਉਹ) ਸਾਰੇ ਚੰਗੀ ਤਰ੍ਹਾਂ ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਨ ।੨।

ਹੇ ਭਾਈ! ਹਰੇਕ ਸਾਹ ਦੇ ਨਾਲ ਗੁਣਾਂ ਦੇ ਖ਼ਜ਼ਾਨੇ ਉਸ ਪ੍ਰਭੂ ਦੇ ਗੁਣ ਗਾਂਦੇ ਰਹਿਣਾ ਚਾਹੀਦਾ ਹੈ ਜਿਸ ਦੇ ਘਰ ਵਿਚ (ਜੀਵਾਂ ਵਾਸਤੇ) ਸਾਰੇ ਪਦਾਰਥ ਭਰੇ ਪਏ ਰਹਿੰਦੇ ਹਨ ਜਿਸ ਦੇ ਸੇਵਕਾਂ ਨੂੰ ਕੋਈ ਦੁੱਖ ਕੋਈ ਝੋਰੇ ਪੋਹ ਨਹੀਂ ਸਕਦੇ ਤੇ ਜਿਸ ਦਾ ਆਸਰਾ ਲਿਆਂ ਉਹ ਆਤਮਕ ਦਰਜਾ ਮਿਲ ਜਾਂਦਾ ਹੈ ਜਿਥੇ ਕੋਈ ਡਰ ਦਬਾ ਨਹੀਂ ਪਾ ਸਕਦਾ ।੩।

ਹੇ ਭਾਈ! ਉਹ ਪਰਮਾਤਮਾ ਸਾਥੋਂ ਦੂਰ ਨਹੀਂ ਵੱਸਦਾ, ਕਿਤੇ (ਦੂਰ) ਲੱਭਣ ਜਾਣ ਦੀ ਲੋੜ ਨਹੀਂ, ਉਸ ਦੀ ਪ੍ਰਾਪਤੀ ਤਦੋਂ ਹੀ ਹੋ ਸਕਦੀ ਹੈ ਜਦੋਂ ਉਹ ਆਪ ਮੇਹਰ ਦੀ ਨਜ਼ਰ ਕਰੇ ।

ਹੇ ਭਾਈ! ਮੈਂ ਤਾਂ ਪੂਰੇ ਗੁਰੂ ਕੋਲ ਹੀ ਅਰਦਾਸ ਕਰਦਾ ਹਾਂ (ਤੇ ਆਖਦਾ ਹਾਂ—ਹੇ ਗੁਰੂ! ਤੇਰੇ ਪਾਸੋਂ) ਨਾਨਕ ਹਰਿ-ਨਾਮ-ਧਨ ਮੰਗਦਾ ਹੈ ਹਰਿ-ਨਾਮ ਦਾ ਸਰਮਾਇਆ ਮੰਗਦਾ ਹੈ ।੪।੫।੯੯।

ਆਸਾ ਮਹਲਾ ੫ ॥ ਪ੍ਰਥਮੇ ਮਿਟਿਆ ਤਨ ਕਾ ਦੂਖ ॥ ਮਨ ਸਗਲ ਕਉ ਹੋਆ ਸੂਖੁ ॥ ਕਰਿ ਕਿਰਪਾ ਗੁਰ ਦੀਨੋ ਨਾਉ ॥ ਬਲਿ ਬਲਿ ਤਿਸੁ ਸਤਿਗੁਰ ਕਉ ਜਾਉ ॥੧॥ ਗੁਰੁ ਪੂਰਾ ਪਾਇਓ ਮੇਰੇ ਭਾਈ ॥ ਰੋਗ ਸੋਗ ਸਭ ਦੂਖ ਬਿਨਾਸੇ ਸਤਿਗੁਰ ਕੀ ਸਰਣਾਈ ॥ ਰਹਾਉ ॥ ਗੁਰ ਕੇ ਚਰਨ ਹਿਰਦੈ ਵਸਾਏ ॥ ਮਨ ਚਿੰਤਤ ਸਗਲੇ ਫਲ ਪਾਏ ॥ ਅਗਨਿ ਬੁਝੀ ਸਭ ਹੋਈ ਸਾਂਤਿ ॥ ਕਰਿ ਕਿਰਪਾ ਗੁਰਿ ਕੀਨੀ ਦਾਤਿ ॥੨॥ ਨਿਥਾਵੇ ਕਉ ਗੁਰਿ ਦੀਨੋ ਥਾਨੁ ॥ ਨਿਮਾਨੇ ਕਉ ਗੁਰਿ ਕੀਨੋ ਮਾਨੁ ॥ ਬੰਧਨ ਕਾਟਿ ਸੇਵਕ ਕਰਿ ਰਾਖੇ ॥ ਅੰਮ੍ਰਿਤ ਬਾਨੀ ਰਸਨਾ ਚਾਖੇ ॥੩॥ ਵਡੈ ਭਾਗਿ ਪੂਜ ਗੁਰ ਚਰਨਾ ॥ ਸਗਲ ਤਿਆਗਿ ਪਾਈ ਪ੍ਰਭ ਸਰਨਾ ॥ ਗੁਰੁ ਨਾਨਕ ਜਾ ਕਉ ਭਇਆ ਦਇਆਲਾ ॥ ਸੋ ਜਨੁ ਹੋਆ ਸਦਾ ਨਿਹਾਲਾ ॥੪॥੬॥੧੦੦॥ {ਪੰਨਾ 395}

ਪਦਅਰਥ:- ਪ੍ਰਥਮੇ—ਪਹਿਲਾਂ । ਕਉ—ਨੂੰ । ਕਰਿ—ਕਰ ਕੇ । ਗੁਰਿ—ਗੁਰੂ ਨੇ । ਬਲਿ ਬਲਿ—ਕੁਰਬਾਨ । ਜਾਉ—ਮੈਂ ਜਾਂਦਾ ਹਾਂ, ਜਾਉਂ ।੧।

ਭਾਈ—ਹੇ ਭਾਈ! ।ਰਹਾਉ।

ਹਿਰਦੈ—ਹਿਰਦੇ ਵਿਚ । ਮਨ ਚਿੰਤਤ—ਮਨ-ਇੱਛਤ । ਸਾਂਤਿ—ਠੰਢ ।੨।

ਨਿਥਾਵਾ—ਜਿਸ ਨੂੰ ਕਿਤੇ ਢੋਈ ਨਾਹ ਮਿਲੇ । ਕਾਟਿ—ਕੱਟ ਕੇ । ਕਰਿ—ਬਣਾ ਕੇ । ਰਸਨਾ—ਜੀਭ ।੩।

ਵਡੈ ਭਾਗਿ—ਵੱਡੀ ਕਿਸਮਤ ਨਾਲ । ਪੂਜ—ਪੂਜਾ । ਤਿਆਗਿ—ਤਿਆਗ ਕੇ । ਹੇ ਨਾਨਕ! ਜਾ ਕਉ—ਜਿਸ ਮਨੁੱਖ ਉਤੇ । ਨਿਹਾਲਾ—ਪ੍ਰਸੰਨ, ਖ਼ੁਸ਼ ।੪।

ਅਰਥ:- ਹੇ ਮੇਰੇ ਵੀਰ! ਜਦੋਂ ਦਾ ਮੈਨੂੰ ਪੂਰਾ ਗੁਰੂ ਮਿਲਿਆ ਹੈ ਗੁਰੂ ਦੀ ਸਰਨ ਪਿਆਂ ਮੇਰੇ ਸਾਰੇ ਰੋਗ ਸਾਰੇ ਚਿੰਤਾ ਫ਼ਿਕਰ ਸਾਰੇ ਦੁੱਖ ਨਾਸ ਹੋ ਗਏ ਹਨ ।ਰਹਾਉ।

(ਹੇ ਭਾਈ! ਗੁਰੂ ਨੂੰ ਮਿਲਿਆਂ ਸਭ ਤੋਂ) ਪਹਿਲਾਂ ਮੇਰੇ ਸਰੀਰ ਦਾ ਹਰੇਕ ਦੁੱਖ ਮਿਟ ਗਿਆ, ਫਿਰ ਮੇਰੇ ਮਨ ਨੂੰ ਪੂਰਨ ਆਨੰਦ ਪ੍ਰਾਪਤ ਹੋਇਆ । ਗੁਰੂ ਨੇ ਕਿਰਪਾ ਕਰ ਕੇ ਮੈਨੂੰ ਪਰਮਾਤਮਾ ਦਾ ਨਾਮ ਦਿੱਤਾ । (ਹੇ ਭਾਈ!) ਮੈਂ ਉਸ ਗੁਰੂ ਤੋਂ ਕੁਰਬਾਨ ਜਾਂਦਾ ਹਾਂ ਸਦਕੇ ਜਾਂਦਾ ਹਾਂ ।੧।

(ਹੇ ਭਾਈ! ਜਦੋਂ ਤੋਂ) ਮੈਂ ਗੁਰੂ ਦੇ ਚਰਨ ਆਪਣੇ ਹਿਰਦੇ ਵਿਚ ਵਸਾਏ ਹਨ ਮੈਨੂੰ ਸਾਰੇ ਮਨ-ਇੱਛਤ ਫਲ ਮਿਲ

ਰਹੇ ਹਨ (ਮੇਰੇ ਅੰਦਰੋਂ ਤ੍ਰਿਸ਼ਨਾ ਦੀ) ਅੱਗ ਬੁੱਝ ਗਈ ਹੈ (ਮੇਰੇ ਅੰਦਰ) ਪੂਰੀ ਠੰਢ ਪੈ ਗਈ ਹੈ । ਇਹ ਸਾਰੀ ਦਾਤਿ ਗੁਰੂ ਨੇ ਹੀ ਮੇਹਰ ਕਰ ਕੇ ਦਿੱਤੀ ਹੈ ।੨।

ਮੈਨੂੰ ਪਹਿਲਾਂ ਕਿਤੇ ਢੋਈ ਨਹੀਂ ਸੀ ਮਿਲਦੀ ਗੁਰੂ ਨੇ ਮੈਨੂੰ (ਆਪਣੇ ਚਰਨਾਂ ਵਿੱਚ) ਥਾਂ ਦਿੱਤਾ, ਮੈਨੂੰ ਨਿਮਾਣੇ ਨੂੰ ਗੁਰੂ ਨੇ ਆਦਰ ਦਿੱਤਾ ਹੈ, ਮੇਰੇ (ਮਾਇਆ ਦੇ ਮੋਹ ਦੇ) ਬੰਧਨ ਕੱਟ ਕੇ ਮੈਨੂੰ ਗੁਰੂ ਨੇ ਆਪਣਾ ਸੇਵਕ ਬਣਾ ਕੇ ਆਪਣੇ ਚਰਨਾਂ ਵਿਚ ਟਿਕਾ ਲਿਆ, ਹੁਣ ਮੇਰੀ ਜੀਭ ਆਤਮਕ ਜੀਵਨ ਦੇਣ ਵਾਲੀ ਸਿਫ਼ਤਿ-ਸਾਲਾਹ ਦੀ ਬਾਣੀ (ਦਾ ਰਸ) ਚੱਖਦੀ ਰਹਿੰਦੀ ਹੈ ।੩।

(ਹੇ ਭਾਈ!) ਵੱਡੀ ਕਿਸਮਤਿ ਨਾਲ ਮੈਨੂੰ ਗੁਰੂ ਦੇ ਚਰਨਾਂ ਦੀ ਪੂਜਾ (ਦਾ ਅਵਸਰ ਮਿਲਿਆ ਜਿਸ ਦੀ ਬਰਕਤਿ ਨਾਲ) ਮੈਂ ਹੋਰ ਸਾਰੇ ਆਸਰੇ ਛੱਡ ਕੇ ਪ੍ਰਭੂ ਦੀ ਸਰਨ ਆ ਪਿਆ ਹਾਂ ।

ਹੇ ਨਾਨਕ! (ਆਖ—) ਜਿਸ ਮਨੁੱਖ ਉੱਤੇ ਗੁਰੂ ਦਇਆਵਾਨ ਹੋ ਜਾਂਦਾ ਹੈ ਉਹ ਮਨੁੱਖ ਸਦਾ ਆਤਮਕ ਆਨੰਦ ਮਾਣਦਾ ਹੈ ।੪।੬।੧੦੦।

ਆਸਾ ਮਹਲਾ ੫ ॥ ਸਤਿਗੁਰ ਸਾਚੈ ਦੀਆ ਭੇਜਿ ॥ ਚਿਰੁ ਜੀਵਨੁ ਉਪਜਿਆ ਸੰਜੋਗਿ ॥ ਉਦਰੈ ਮਾਹਿ ਆਇ ਕੀਆ ਨਿਵਾਸੁ ॥ ਮਾਤਾ ਕੈ ਮਨਿ ਬਹੁਤੁ ਬਿਗਾਸੁ ॥੧॥ ਜੰਮਿਆ ਪੂਤੁ ਭਗਤੁ ਗੋਵਿੰਦ ਕਾ ॥ ਪ੍ਰਗਟਿਆ ਸਭ ਮਹਿ ਲਿਖਿਆ ਧੁਰ ਕਾ ॥ ਰਹਾਉ ॥ ਦਸੀ ਮਾਸੀ ਹੁਕਮਿ ਬਾਲਕ ਜਨਮੁ ਲੀਆ ॥ ਮਿਟਿਆ ਸੋਗੁ ਮਹਾ ਅਨੰਦੁ ਥੀਆ ॥ ਗੁਰਬਾਣੀ ਸਖੀ ਅਨੰਦੁ ਗਾਵੈ ॥ ਸਾਚੇ ਸਾਹਿਬ ਕੈ ਮਨਿ ਭਾਵੈ ॥੨॥ ਵਧੀ ਵੇਲਿ ਬਹੁ ਪੀੜੀ ਚਾਲੀ ॥ ਧਰਮ ਕਲਾ ਹਰਿ ਬੰਧਿ ਬਹਾਲੀ ॥ ਮਨ ਚਿੰਦਿਆ ਸਤਿਗੁਰੂ ਦਿਵਾਇਆ ॥ ਭਏ ਅਚਿੰਤ ਏਕ ਲਿਵ ਲਾਇਆ ॥੩॥ ਜਿਉ ਬਾਲਕੁ ਪਿਤਾ ਊਪਰਿ ਕਰੇ ਬਹੁ ਮਾਣੁ ॥ ਬੁਲਾਇਆ ਬੋਲੈ ਗੁਰ ਕੈ ਭਾਣਿ ॥ ਗੁਝੀ ਛੰਨੀ ਨਾਹੀ ਬਾਤ ॥ ਗੁਰੁ ਨਾਨਕੁ ਤੁਠਾ ਕੀਨੀ ਦਾਤਿ ॥੪॥੭॥੧੦੧॥ {ਪੰਨਾ 396}

ਪਦਅਰਥ:- ਸਾਚੈ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੇ । ਚਿਰੁਜੀਵਨੁ—ਅਟੱਲ ਆਤਮਕ ਜੀਵਨ । ਸੰਜੋਗਿ—(ਗੁਰੂ ਦੀ) ਸੰਗਤਿ ਨਾਲ । ਉਦਰੈ ਮਾਹਿ—(ਮਾਂ ਦੇ) ਪੇਟ ਵਿਚ । ਕੈ ਮਨਿ—ਦੇ ਮਨ ਵਿਚ । ਬਿਗਾਸੁ—ਖ਼ੁਸ਼ੀ ।੧।

ਪੂਤੁ—(ਪਰਮਾਤਮਾ ਦਾ) ਪੁੱਤਰ । ਸਭ ਮਹਿ—ਸਭ ਜੀਵਾਂ ਦੇ ਅੰਦਰ । ਪ੍ਰਗਟਿਆ—ਪਰਗਟ ਹੋ ਪਿਆ, ਜਾਗ ਪਿਆ । ਲਿਖਿਆ ਧੁਰ ਕਾ—(ਜੀਵਾਂ ਦੇ ਕੀਤੇ ਕਰਮਾਂ ਅਨੁਸਾਰ) ਧੁਰ ਦਰਗਾਹ ਦਾ ਲਿਖਿਆ (ਸੰਸਕਾਰ-ਰੂਪ) ਲੇਖ ।ਰਹਾਉ।

ਦਸੀ ਮਾਸੀ—ਦਸੀਂ ਮਹੀਨੀਂ । ਹੁਕਮਿ—(ਪਰਮਾਤਮਾ ਦੇ) ਹੁਕਮ ਅਨੁਸਾਰ । ਸੋਗੁ—ਚਿੰਤਾ-ਫ਼ਿਕਰ । ਸਖੀ—ਜੇਹੜੀ ਸਖੀ, ਜੇਹੜਾ ਸਤਸੰਗੀ । ਭਾਵੈ—ਪਿਆਰਾ ਲੱਗਦਾ ਹੈ ।੨।

ਵੇਲਿ—ਗੁਰਸਿੱਖੀ ਵਾਲੀ ਵੇਲ । ਪੀੜੀ—ਬੰਸ, ਕੁਲ । ਕਲਾ—ਸੱਤਿਆ, ਤਾਕਤ । ਬੰਧਿ—ਬੰਨ੍ਹ ਕੇ, ਪੱਕੀ ਕਰ ਕੇ । ਬਹਾਲੀ—ਟਿਕਾ ਦਿੱਤੀ । ਮਨ ਚਿੰਦਿਆ—ਮਨ-ਇੱਛਤ (ਫਲ) । ਅਚਿੰਤ—ਬੇ-ਫ਼ਿਕਰ ।੩।

ਬੋਲੈ—ਬੋਲਦਾ ਹੈ । ਕੈ ਭਾਣਿ—ਦੇ ਭਾਣੇ ਵਿਚ (ਤੁਰ ਕੇ) । ਗੁਝੀ ਛੰਨੀ—ਲੁਕੀ ਹੋਈ ।੪।

ਨੋਟ:- ਪੁੱਤਰ ਦੇ ਜਨਮ ਦੀ ਖ਼ੁਸ਼ੀ ਦਾ ਦ੍ਰਿਸ਼ਟਾਂਤ ਦੇ ਕੇ ਗੁਰੂ ਦੀ ਸਰਨ ਤੋਂ ਪ੍ਰਾਪਤ ਹੋਏ ਸੁਖ ਦਾ ਵਰਨਣ ਕੀਤਾ

ਗਿਆ ਹੈ ।

ਅਰਥ:- (ਹੇ ਭਾਈ! ਗੁਰੂ ਨਾਨਕ) ਪਰਮਾਤਮਾ ਦਾ ਭਗਤ ਜੰਮਿਆ (ਪਰਮਾਤਮਾ ਦਾ) ਪੁੱਤਰ ਜੰਮਿਆ (ਉਸ ਦੀ ਬਰਕਤਿ ਨਾਲ ਉਸ ਦੀ ਸਰਨ ਆਉਣ ਵਾਲੇ) ਸਾਰੇ ਜੀਵਾਂ ਦੇ ਅੰਦਰ ਧੁਰ-ਦਰਗਾਹ ਦਾ (ਸੇਵਾ-ਭਗਤੀ ਦਾ) ਲੇਖ ਉੱਘੜ ਰਿਹਾ ਹੈ ।ਰਹਾਉ।

(ਹੇ ਭਾਈ!) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੇ ਗੁਰੂ (ਨਾਨਕ) ਨੂੰ (ਜਗਤ ਵਿਚ) ਘੱਲਿਆ ਹੈ ਉਸ ਦੀ ਸੰਗਤਿ (ਦੀ ਬਰਕਤਿ) ਨਾਲ (ਸਿੱਖਾਂ ਦੇ ਹਿਰਦੇ ਵਿਚ) ਅਟੱਲ ਆਤਮਕ ਜੀਵਨ ਪੈਦਾ ਹੋ ਰਿਹਾ ਹੈ । (ਹੇ ਭਾਈ! ਜਿਵੇਂ ਜਦੋਂ ਮਾਂ ਦੇ) ਪੇਟ ਵਿਚ (ਬੱਚਾ) ਆ ਨਿਵਾਸ ਕਰਦਾ ਹੈ ਤਾਂ ਮਾਂ ਦੇ ਮਨ ਵਿਚ ਬਹੁਤ ਖ਼ੁਸ਼ੀ ਪੈਦਾ ਹੁੰਦੀ ਹੈ (ਤਿਵੇਂ ਸਿੱਖ ਦੇ ਅੰਦਰ ਅਟੱਲ ਆਤਮਕ ਜੀਵਨ ਆਨੰਦ ਪੈਦਾ ਕਰਦਾ ਹੈ) ।੧।

(ਹੇ ਭਾਈ! ਜਿਵੇਂ ਜਿਸ ਘਰ ਵਿਚ) ਪਰਮਾਤਮਾ ਦੇ ਹੁਕਮ ਅਨੁਸਾਰ ਦਸੀਂ ਮਹੀਨੀਂ ਪੁੱਤਰ ਜੰਮਦਾ ਹੈ (ਤਾਂ ਉਸ ਘਰ ਵਿਚੋਂ) ਗ਼ਮ ਮਿਟ ਜਾਂਦਾ ਹੈ ਤੇ ਬੜਾ ਉਤਸ਼ਾਹ ਹੁੰਦਾ ਹੈ; (ਤਿਵੇਂ ਜੇਹੜੀ ਸਤ-ਸੰਗਣ) ਸਹੇਲੀ ਗੁਰੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਗਾਂਦੀ ਹੈ ਉਹ ਆਤਮਕ ਆਨੰਦ ਮਾਣਦੀ ਹੈ ਤੇ ਉਹ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਮਨ ਵਿਚ ਪਿਆਰੀ ਲੱਗਦੀ ਹੈ ।੨।

(ਹੇ ਭਾਈ! ਜੇਹੜੇ ਵਡ-ਭਾਗੀ ਮਨੁੱਖ ਗੁਰੂ ਦੀ ਸੰਗਤਿ ਦੀ ਬਰਕਤਿ ਨਾਲ) ਇਕ ਪਰਮਾਤਮਾ ਵਿਚ ਸੁਰਤਿ ਜੋੜਦੇ ਹਨ ਉਹ ਚਿੰਤਾ ਤੋਂ ਰਹਿਤ ਹੋ ਜਾਂਦੇ ਹਨ ਸਤਿਗੁਰੂ ਉਹਨਾਂ ਨੂੰ ਮਨ-ਇੱਛਤ ਫਲ ਦੇਂਦਾ ਹੈ, ਗੁਰੂ ਉਹਨਾਂ ਗੁਰਸਿੱਖਾਂ ਵਿਚ ਪਰਮਾਤਮਾ ਦੀ ਧਰਮ-ਸੱਤਿਆ ਪੱਕੀ ਕਰ ਕੇ ਟਿਕਾ ਦੇਂਦਾ ਹੈ, ਇਹ ਗੁਰਸਿੱਖ ਹੀ (ਗੁਰੂ ਦੀ ਪਰਮਾਤਮਾ ਦੀ) ਵਧ-ਰਹੀ ਵੇਲ ਹਨ ਚੱਲ-ਰਹੀ ਪੀੜ੍ਹੀ ਹਨ ।੩।

(ਹੇ ਭਾਈ!) ਹੁਣ ਇਹ ਕੋਈ ਲੁਕੀ-ਛਿਪੀ ਗੱਲ ਨਹੀਂ ਹੈ (ਹਰ ਕੋਈ ਜਾਣਦਾ ਹੈ ਕਿ ਜਿਸ ਮਨੁੱਖ ਉੱਤੇ) ਗੁਰੂ ਨਾਨਕ ਦਇਆਵਾਨ ਹੁੰਦਾ ਹੈ (ਜਿਸ ਨੂੰ ਨਾਮਿ ਦੀ) ਦਾਤਿ ਦੇਂਦਾ ਹੈ ਉਹ ਜੋ ਕੁਝ ਬੋਲਦਾ ਹੈ ਗੁਰੂ ਦਾ ਪ੍ਰੇਰਿਆ ਹੋਇਆ ਗੁਰੂ ਦੀ ਰਜ਼ਾ ਵਿਚ ਹੀ ਬੋਲਦਾ ਹੈ (ਉਹ ਆਪਣੇ ਗੁਰੂ ਉੱਤੇ ਇਉਂ ਫ਼ਖ਼ਰ ਕਰਦਾ ਹੈ) ਜਿਵੇਂ ਕੋਈ ਪੁੱਤਰ ਆਪਣੇ ਪਿਉ ਉੱਤੇ ਮਾਣ ਕਰਦਾ ਹੈ (ਉਹ ਸਿੱਖ ਗੁਰੂ ਪਾਸੋਂ ਸਹਾਇਤਾ ਦੀ ਉਵੇਂ ਆਸ ਰੱਖਦਾ ਹੈ ਜਿਵੇਂ ਪੁੱਤਰ ਪਿਉ ਪਾਸੋਂ) ।੪।੭।੧੦੧।

ਆਸਾ ਮਹਲਾ ੫ ॥ ਗੁਰ ਪੂਰੇ ਰਾਖਿਆ ਦੇ ਹਾਥ ॥ ਪ੍ਰਗਟੁ ਭਇਆ ਜਨ ਕਾ ਪਰਤਾਪੁ ॥੧॥ ਗੁਰੁ ਗੁਰੁ ਜਪੀ ਗੁਰੂ ਗੁਰੁ ਧਿਆਈ ॥ ਜੀਅ ਕੀ ਅਰਦਾਸਿ ਗੁਰੂ ਪਹਿ ਪਾਈ ॥ ਰਹਾਉ ॥ ਸਰਨਿ ਪਰੇ ਸਾਚੇ ਗੁਰਦੇਵ ॥ ਪੂਰਨ ਹੋਈ ਸੇਵਕ ਸੇਵ ॥੨॥ ਜੀਉ ਪਿੰਡੁ ਜੋਬਨੁ ਰਾਖੈ ਪ੍ਰਾਨ ॥ ਕਹੁ ਨਾਨਕ ਗੁਰ ਕਉ ਕੁਰਬਾਨ ॥੩॥੮॥੧੦੨॥ {ਪੰਨਾ 396}

ਪਦਅਰਥ:- ਪੂਰਾ—ਸਭ ਗੁਣਾਂ ਨਾਲ ਭਰਪੂਰ । ਦੇ—ਦੇ ਕੇ । ਜਨ—ਸੇਵਕ ।੧।

ਜਪੀ—ਜਪੀਂ, ਮੈਂ ਜਪਦਾ ਹਾਂ । ਧਿਆਈ—ਧਿਆਈਂ, ਮੈਂ ਧਿਆਉਂਦਾ ਹਾਂ । ਜੀਅ ਕੀ—ਜਿੰਦ ਦੀ । ਪਹਿ—ਪਾਸ, ਪਾਸੋਂ । ਪਾਈ—ਪਾਈਂ, ਮੈਂ ਪ੍ਰਾਪਤ ਕਰਦਾ ਹਾਂ ।ਰਹਾਉ।

ਸਾਚੇ ਗੁਰਦੇਵ ਸਰਨ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਰੂਪ ਸਤਿਗੁਰੂ ਦੀ ਸਰਨ । ਪੂਰਨ—ਸਫਲ ।੨।

ਜੀਉ—ਜਿੰਦ । ਪਿੰਡੁ—ਸਰੀਰ । ਨਾਨਕ— ਹੇ ਨਾਨਕ! ਕਉ—ਨੂੰ ।੩।

ਅਰਥ:- (ਹੇ ਭਾਈ!) ਮੈਂ ਸਦਾ ਗੁਰੂ ਨੂੰ ਹੀ ਯਾਦ ਕਰਦਾ ਹਾਂ; ਸਦਾ ਗੁਰੂ ਦਾ ਹੀ ਧਿਆਨ ਧਰਦਾ ਹਾਂ । ਗੁਰੂ ਪਾਸੋਂ ਹੀ ਮੈਂ ਆਪਣੇ ਮਨ ਦੀ ਮੰਗੀ ਹੋਈ ਲੋੜ ਹਾਸਲ ਕਰਦਾ ਹਾਂ ।ਰਹਾਉ।

(ਹੇ ਭਾਈ!) ਜਿਸ ਸੇਵਕ ਨੂੰ ਪੂਰਾ ਗੁਰੂ ਆਪਣਾ ਹੱਥ ਦੇ ਕੇ (ਵਿਕਾਰ ਆਦਿਕ ਤੋਂ ਬਚਾ ਕੇ) ਰੱਖਦਾ ਹੈ ਉਸ ਦੀ ਸੋਭਾ-ਵਡਿਆਈ (ਸਾਰੇ ਜਗਤ ਵਿਚ) ਉੱਘੜ ਪੈਂਦੀ ਹੈ ।੧।

(ਹੇ ਭਾਈ!) ਜੇਹੜੇ ਸੇਵਕ ਸਦਾ-ਥਿਰ ਪ੍ਰਭੂ ਦੇ ਰੂਪ ਸਤਿਗੁਰੂ ਦਾ ਆਸਰਾ ਲੈਂਦੇ ਹਨ ਉਹਨਾਂ ਦੀ ਸੇਵਾ (ਦੀ ਘਾਲ) ਸਿਰੇ ਚੜ੍ਹ ਜਾਂਦੀ ਹੈ ।੨।

ਹੇ ਨਾਨਕ! ਆਖ—(ਹੇ ਭਾਈ!) ਆਪਣਾ ਆਪ ਗੁਰੂ ਦੇ ਹਵਾਲੇ ਕਰ ਦੇਣਾ ਚਾਹੀਦਾ ਹੈ (ਗੁਰੂ ਸਰਨ ਪਏ ਸੇਵਕ ਦੀ) ਜਿੰਦ ਨੂੰ, ਸਰੀਰ ਨੂੰ, ਜੋਬਨ ਨੂੰ ਪ੍ਰਾਣਾਂ ਨੂੰ (ਵਿਕਾਰ ਆਦਿਕ ਤੋਂ) ਬਚਾ ਕੇ ਰੱਖਦਾ ਹੈ ।੩।੮।੧੦੨।

ਆਸਾ ਘਰੁ ੮ ਕਾਫੀ ਮਹਲਾ ੫ ੴ ਸਤਿਗੁਰ ਪ੍ਰਸਾਦਿ ॥ ਮੈ ਬੰਦਾ ਬੈ ਖਰੀਦੁ ਸਚੁ ਸਾਹਿਬੁ ਮੇਰਾ ॥ ਜੀਉ ਪਿੰਡੁ ਸਭੁ ਤਿਸ ਦਾ ਸਭੁ ਕਿਛੁ ਹੈ ਤੇਰਾ ॥੧॥ ਮਾਣੁ ਨਿਮਾਣੇ ਤੂੰ ਧਣੀ ਤੇਰਾ ਭਰਵਾਸਾ ॥ ਬਿਨੁ ਸਾਚੇ ਅਨ ਟੇਕ ਹੈ ਸੋ ਜਾਣਹੁ ਕਾਚਾ ॥੧॥ ਰਹਾਉ ॥ ਤੇਰਾ ਹੁਕਮੁ ਅਪਾਰ ਹੈ ਕੋਈ ਅੰਤੁ ਨ ਪਾਏ ॥ ਜਿਸੁ ਗੁਰੁ ਪੂਰਾ ਭੇਟਸੀ ਸੋ ਚਲੈ ਰਜਾਏ ॥੨॥ ਚਤੁਰਾਈ ਸਿਆਣਪਾ ਕਿਤੈ ਕਾਮਿ ਨ ਆਈਐ ॥ ਤੁਠਾ ਸਾਹਿਬੁ ਜੋ ਦੇਵੈ ਸੋਈ ਸੁਖੁ ਪਾਈਐ ॥੩॥ ਜੇ ਲਖ ਕਰਮ ਕਮਾਈਅਹਿ ਕਿਛੁ ਪਵੈ ਨ ਬੰਧਾ ॥ ਜਨ ਨਾਨਕ ਕੀਤਾ ਨਾਮੁ ਧਰ ਹੋਰੁ ਛੋਡਿਆ ਧੰਧਾ ॥੪॥੧॥੧੦੩॥ {ਪੰਨਾ 396}

ਪਦਅਰਥ:- ਬੰਦਾ—ਗ਼ੁਲਾਮ । ਬੈ ਖਰੀਦ—ਮੁੱਲ ਦੇ ਕੇ ਖ਼ਰੀਦਿਆ ਹੋਇਆ । ਸਚੁ—ਸਦਾ ਕਾਇਮ ਰਹਿਣ ਵਾਲਾ । ਸਾਹਿਬੁ—ਮਾਲਕ । ਜੀਉ—ਜਿੰਦ । ਪਿੰਡੁ—ਸਰੀਰ । ਤਿਸ ਦਾ—{ਲਫ਼ਜ਼ 'ਤਿਸ' ਦਾ ੁ ਸੰਬੰਧਕ 'ਦਾ' ਦੇ ਕਾਰਨ ਉੱਡ ਗਿਆ ਹੈ} ।੧।

ਧਣੀ—ਮਾਲਕ । ਅਨ—ਹੋਰ । ਕਾਚਾ—ਕੱਚੇ ਜੀਵਨ ਵਾਲਾ, ਕਮਜ਼ੋਰ ਜੀਵਨ ਵਾਲਾ ।੧।ਰਹਾਉ।

ਅਪਾਰ—ਜਿਸ ਦਾ ਪਾਰਲਾ ਬੰਨਾ ਨਾਹ ਲੱਭ ਸਕੇ, ਬੇਅੰਤ । ਭੇਟਸੀ—ਮਿਲੇਗਾ, ਮਿਲਦਾ ਹੈ । ਰਜਾਏ—ਰਜ਼ਾ ਵਿਚ ।੨।

ਕਿਤੈ ਕਾਮਿ—ਕਿਸੇ ਕੰਮ ਵਿਚ । ਤੁਠਾ—ਪ੍ਰਸੰਨ ਹੋਇਆ ।੩।

ਕਮਾਈਅਹਿ—ਕਮਾਏ ਜਾਣ । ਕਰਮ—ਮਿਥੇ ਹੋਏ ਧਾਰਮਿਕ ਕੰਮ । ਬੰਧਾ—ਬੰਧ, ਬੰਨ੍ਹ, ਰੋਕ । ਧਰ—ਆਸਰਾ ।੪।

ਅਰਥ:- ਹੇ ਪ੍ਰਭੂ! ਮੈਂ ਨਿਮਾਣੇ ਦਾ ਤੂੰ ਹੀ ਮਾਣ ਹੈਂ, ਮੈਨੂੰ ਤੇਰਾ ਹੀ ਭਰਵਾਸਾ ਹੈ । (ਹੇ ਭਾਈ! ਜਿਸ ਮਨੁੱਖ ਨੂੰ) ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਤੋਂ ਬਿਨਾ ਕੋਈ ਹੋਰ ਝਾਕ ਭੀ ਟਿਕੀ ਰਹੇ, ਉਹ ਸਮਝੋ ਅਜੇ ਕਮਜ਼ੋਰ ਜੀਵਨ ਵਾਲਾ ਹੈ ।੧।ਰਹਾਉ।

ਹੇ ਭਾਈ! ਮੇਰਾ ਮਾਲਕ ਸਦਾ ਕਾਇਮ ਰਹਿਣ ਵਾਲਾ ਹੈ, ਮੈਂ ਉਸ ਦਾ ਮੁੱਲ-ਖ਼ਰੀਦ ਗ਼ੁਲਾਮ ਹਾਂ, ਮੇਰੀ ਇਹ ਜਿੰਦ ਮੇਰਾ ਇਹ ਸਰੀਰ ਸਭ ਕੁਝ ਉਸ ਮਾਲਕ ਪ੍ਰਭੂ ਦਾ ਹੀ ਦਿੱਤਾ ਹੋਇਆ ਹੈ ।

ਹੇ ਪ੍ਰਭੂ! ਮੇਰੇ ਪਾਸ ਜੋ ਕੁਝ ਭੀ ਹੈ ਸਭ ਤੇਰਾ ਹੀ ਬਖ਼ਸ਼ਿਆ ਹੋਇਆ ਹੈ ।੧।

ਹੇ ਪ੍ਰਭੂ! ਤੇਰਾ ਹੁਕਮ ਬੇਅੰਤ ਹੈ, ਕੋਈ ਜੀਵ ਤੇਰੇ ਹੁਕਮ ਦਾ ਅੰਤ ਨਹੀਂ ਲੱਭ ਸਕਦਾ, (ਤੇਰੀ ਮਿਹਰ ਨਾਲ) ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਉਹ ਤੇਰੇ ਹੁਕਮ ਵਿਚ ਤੁਰਦਾ ਹੈ ।੨।

(ਹੇ ਭਾਈ! ਸੁਖਾਂ ਦੀ ਖ਼ਾਤਰ ਮਨੁੱਖ ਅਨੇਕਾਂ) ਚਤੁਰਾਈਆਂ ਤੇ ਸਿਆਣਪਾਂ (ਕਰਦਾ ਹੈ, ਪਰ ਕੋਈ ਸਿਆਣਪ ਕੋਈ ਚਤੁਰਾਈ) ਕਿਸੇ ਕੰਮ ਨਹੀਂ ਆਉਂਦੀ; ਉਹੀ ਸੁਖ ਪ੍ਰਾਪਤ ਕੀਤਾ ਜਾ ਸਕਦਾ ਹੈ ਜੇਹੜਾ ਸੁਖ ਮਾਲਕ-ਪ੍ਰਭੂ ਆਪ ਪ੍ਰਸੰਨ ਹੋ ਕੇ ਦੇਂਦਾ ਹੈ ।੩।

(ਹੇ ਭਾਈ! ਦੁਨੀਆ ਵਿਚ ਸੁਖਾਂ ਦੁੱਖਾਂ ਦਾ ਚੱਕਰ ਤੁਰਿਆ ਰਹਿੰਦਾ ਹੈ, ਦੁੱਖਾਂ ਦੀ ਨਿਵਿਰਤੀ ਵਾਸਤੇ) ਜੇ ਲੱਖਾਂ ਹੀ (ਮਿਥੇ ਹੋਏ ਧਾਰਮਿਕ) ਕੰਮ ਕੀਤੇ ਜਾਣ ਤਾਂ ਭੀ (ਦੁੱਖਾਂ ਦੇ ਰਾਹ ਵਿਚ) ਕੋਈ ਰੋਕ ਨਹੀਂ ਪੈ ਸਕਦੀ । ਹੇ ਦਾਸ ਨਾਨਕ! (ਆਖ—) ਮੈਂ ਤਾਂ ਪਰਮਾਤਮਾ ਦੇ ਨਾਮ ਨੂੰ ਹੀ ਆਸਰਾ ਬਣਾਇਆ ਹੈ, ਤੇ (ਸੁਖਾਂ ਦੀ ਖ਼ਾਤਰ) ਹੋਰ ਦੌੜ-ਭੱਜ ਛੱਡ ਦਿੱਤੀ ਹੈ ।੪।੧।੧੦੩।

ਨੋਟ:- ਆਸਾ ਘਰੁ ੮ ਕਾਫੀ—ਇਥੋਂ ਉਹਨਾਂ ਸ਼ਬਦਾਂ ਦਾ ਉਹ ਸੰਗ੍ਰਹ ਸ਼ੁਰੂ ਹੁੰਦਾ ਹੈ ਜੋ ਘਰ ਅਠਵੇਂ ਵਿਚ ਗਾਏ ਜਾਣ ਵਾਲੇ ਹਨ, ਤੇ, ਕਾਫੀ ਇਕ ਰਾਗਣੀ ਦਾ ਨਾਮ ਹੈ ।

ਆਸਾ ਮਹਲਾ ੫ ॥ ਸਰਬ ਸੁਖਾ ਮੈ ਭਾਲਿਆ ਹਰਿ ਜੇਵਡੁ ਨ ਕੋਈ ॥ ਗੁਰ ਤੁਠੇ ਤੇ ਪਾਈਐ ਸਚੁ ਸਾਹਿਬੁ ਸੋਈ ॥੧॥ ਬਲਿਹਾਰੀ ਗੁਰ ਆਪਣੇ ਸਦ ਸਦ ਕੁਰਬਾਨਾ ॥ ਨਾਮੁ ਨ ਵਿਸਰਉ ਇਕੁ ਖਿਨੁ ਚਸਾ ਇਹੁ ਕੀਜੈ ਦਾਨਾ ॥੧॥ ਰਹਾਉ ॥ ਭਾਗਠੁ ਸਚਾ ਸੋਇ ਹੈ ਜਿਸੁ ਹਰਿ ਧਨੁ ਅੰਤਰਿ ॥ ਸੋ ਛੂਟੈ ਮਹਾ ਜਾਲ ਤੇ ਜਿਸੁ ਗੁਰ ਸਬਦੁ ਨਿਰੰਤਰਿ ॥੨॥ ਗੁਰ ਕੀ ਮਹਿਮਾ ਕਿਆ ਕਹਾ ਗੁਰੁ ਬਿਬੇਕ ਸਤ ਸਰੁ ॥ ਓਹੁ ਆਦਿ ਜੁਗਾਦੀ ਜੁਗਹ ਜੁਗੁ ਪੂਰਾ ਪਰਮੇਸਰੁ ॥੩॥ ਨਾਮੁ ਧਿਆਵਹੁ ਸਦ ਸਦਾ ਹਰਿ ਹਰਿ ਮਨੁ ਰੰਗੇ ॥ ਜੀਉ ਪ੍ਰਾਣ ਧਨੁ ਗੁਰੂ ਹੈ ਨਾਨਕ ਕੈ ਸੰਗੇ ॥੪॥੨॥੧੦੪॥ {ਪੰਨਾ 396-397}

ਪਦਅਰਥ:- ਸਰਬ ਸੁਖਾ—ਸਾਰੇ ਸੁਖਾਂ ਨੂੰ । ਹਰਿ ਜੇਵਡੁ—ਹਰਿ-ਮਿਲਾਪ ਜੇਡਾ ਸੁਖ । ਤੁਠਾ—ਪ੍ਰਸੰਨ ਹੋਇਆ ਹੋਇਆ । ਤੇ—ਤੋਂ, ਪਾਸੋਂ । ਸਚੁ—ਸਦਾ ਕਾਇਮ ਰਹਿਣ ਵਾਲਾ ।੧।

ਬਲਿਹਾਰੀ—ਸਦਕੇ । ਨ ਵਿਸਰਉ—ਮੈਂ ਨਾਹ ਭੁਲਾਵਾਂ । ਚਸਾ—ਪਲ ਦਾ ਤੀਜਾ ਹਿੱਸਾ, ਬਹੁਤ ਥੋੜਾ ਸਮਾ ।੧।ਰਹਾਉ।

ਭਾਗਠੁ—ਭਾਗਾਂ ਵਾਲਾ, ਧਨਾਢ । ਜਿਸੁ ਅੰਤਰਿ—ਜਿਸ ਦੇ ਹਿਰਦੇ ਵਿਚ । ਛੁਟੈ—ਬਚਦਾ ਹੈ । ਜਿਸ ਨਿਰੰਤਰਿ—ਜਿਸ ਦੇ ਅੰਦਰ ਸਦਾ ਹੀ ।੨।

ਮਹਿਮਾ—ਵਡਿਆਈ । ਕਹਾ—ਕਹਾਂ, ਮੈਂ ਆਖਾਂ । ਬਿਬੇਕ ਸਤਸਰੁ—ਬਿਬੇਕਸਰੁ ਸਤਸਰੁ, ਬਿਬੇਕ ਦਾ ਸਰੋਵਰ, ਸਤ ਦਾ ਸਰੋਵਰ । ਬਿਬੇਕ—ਚੰਗੇ ਮੰਦੇ ਦੀ ਪਰਖ । ਸਤ—ਉੱਚਾ ਆਚਰਨ । ਓਹ—ਉਹ ਗੁਰੂ ।੩।

ਰੰਗੇ—ਰੰਗਿ, ਪ੍ਰੇਮ ਨਾਲ । ਸੰਗੇ—ਨਾਲ, ਅੰਗ-ਸੰਗ ।੪।

ਅਰਥ:- (ਹੇ ਭਾਈ!) ਮੈਂ ਆਪਣੇ ਗੁਰੂ ਤੋਂ ਸਦਾ ਸਦਕੇ ਹੁੰਦਾ ਹਾਂ ਸਦਾ ਕੁਰਬਾਨ ਜਾਂਦਾ ਹਾਂ (ਮੈਂ ਗੁਰੂ ਪਾਸ ਹੀ ਅਰਜ਼ੋਈ ਕਰਦਾ ਹਾਂ—ਹੇ ਗੁਰੂ!) ਮੈਨੂੰ ਇਹ ਦਾਨ ਦੇਹ ਕਿ ਮੈਂ ਪਰਮਾਤਮਾ ਦਾ ਨਾਮ ਇਕ ਖਿਨ ਵਾਸਤੇ ਭੀ ਇਕ ਚਸੇ ਵਾਸਤੇ ਭੀ ਨਾਹ ਭੁਲਾਵਾਂ ।੧।ਰਹਾਉ।

(ਹੇ ਭਾਈ!) ਮੈਂ (ਦੁਨੀਆ ਦੇ ਸਾਰੇ ਸੁਖਾਂ ਨੂੰ ਖੋਜ ਵੇਖਿਆ ਹੈ ਪਰਮਾਤਮਾ ਦੇ ਮਿਲਾਪ ਦੇ ਬਰਾਬਰ ਦਾ ਹੋਰ ਕੋਈ ਸੁਖ ਨਹੀਂ ਹੈ । ਤੇ, ਉਹ ਸਦਾ ਕਾਇਮ ਰਹਿਣ ਵਾਲਾ ਮਾਲਕ-ਪਰਮਾਤਮਾ ਪ੍ਰਸੰਨ ਹੋਏ ਹੋਏ ਗੁਰੂ ਪਾਸੋਂ ਹੀ ਮਿਲ ਸਕਦਾ ਹੈ ।੧।

ਹੇ ਭਾਈ! ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ-ਧਨ ਵੱਸਦਾ ਹੋਵੇ ਉਹੀ (ਅਸਲ) ਸ਼ਾਹੂਕਾਰ ਹੈ, ਜਿਸ ਮਨੁੱਖ ਦੇ ਅੰਦਰ ਗੁਰੂ ਦਾ ਸਬਦ ਇਕ-ਰਸ ਟਿਕਿਆ ਰਹੇ ਉਹ ਮਨੁੱਖ (ਮਾਇਆ ਦੇ ਮੋਹ ਦੇ) ਵੱਡੇ ਜਾਲ (ਵਿਚ ਫਸਣ) ਤੋਂ ਬਚਿਆ ਰਹਿੰਦਾ ਹੈ ।੨।

ਹੇ ਭਾਈ! ਮੈਂ ਇਹ ਦੱਸਣ-ਯੋਗ ਨਹੀਂ ਹਾਂ ਕਿ ਗੁਰੂ ਕੇਡਾ ਵੱਡਾ (ਉੱਚ-ਆਤਮਾ) ਹੈ, ਗੁਰੂ ਬਿਬੇਕ ਦਾ ਸਰੋਵਰ ਹੈ ਗੁਰੂ ਉੱਚੇ ਆਚਰਨ ਦਾ ਸਰੋਵਰ ਹੈ, ਗੁਰੂ ਉਹ ਪੂਰਨ ਪਰਮੇਸਰ (ਦਾ ਰੂਪ) ਹੈ ਜੇਹੜਾ ਸਭ ਦਾ ਮੁੱਢ ਹੈ ਜਿਹੜਾ ਜੁਗਾਂ ਦੇ ਆਦਿ ਤੋਂ ਹੈ ਜੇਹੜਾ ਹਰੇਕ ਜੁਗ ਵਿਚ ਮੌਜੂਦ ਹੈ ।੩।

ਹੇ ਭਾਈ! ਸਦਾ ਹੀ ਪਰਮਾਤਮਾ ਦਾ ਨਾਮ ਸਿਮਰਦੇ ਰਹੋ, ਆਪਣੇ ਮਨ ਨੂੰ ਪਰਮਾਤਮਾ ਦੇ ਪ੍ਰੇਮ-ਰੰਗ ਨਾਲ ਰੰਗੀ ਰੱਖੋ (ਇਹ ਨਾਮ ਮਿਲਣਾ ਗੁਰੂ ਪਾਸੋਂ ਹੀ ਹੈ, ਉਹ ਗੁਰੂ) ਮੈਂ ਨਾਨਕ ਦੇ ਅੰਗ-ਸੰਗ ਵੱਸਦਾ ਹੈ, ਗੁਰੂ ਹੀ ਮੇਰੀ ਜਿੰਦ ਹੈ ਗੁਰੂ ਹੀ ਮੇਰੇ ਪ੍ਰਾਣ ਹੈ, ਗੁਰੂ ਹੀ ਮੇਰਾ ਧਨ ਹੈ ।੪।੨।੧੦੪।

ਆਸਾ ਮਹਲਾ ੫ ॥ ਸਾਈ ਅਲਖੁ ਅਪਾਰੁ ਭੋਰੀ ਮਨਿ ਵਸੈ ॥ ਦੂਖੁ ਦਰਦੁ ਰੋਗੁ ਮਾਇ ਮੈਡਾ ਹਭੁ ਨਸੈ ॥੧॥ ਹਉ ਵੰਞਾ ਕੁਰਬਾਣੁ ਸਾਈ ਆਪਣੇ ॥ ਹੋਵੈ ਅਨਦੁ ਘਣਾ ਮਨਿ ਤਨਿ ਜਾਪਣੇ ॥੧॥ ਰਹਾਉ ॥ ਬਿੰਦਕ ਗਾਲ੍ਹਿ ਸੁਣੀ ਸਚੇ ਤਿਸੁ ਧਣੀ ॥ ਸੁਖੀ ਹੂੰ ਸੁਖੁ ਪਾਇ ਮਾਇ ਨ ਕੀਮ ਗਣੀ ॥੨॥ ਨੈਣ ਪਸੰਦੋ ਸੋਇ ਪੇਖਿ ਮੁਸਤਾਕ ਭਈ ॥ ਮੈ ਨਿਰਗੁਣਿ ਮੇਰੀ ਮਾਇ ਆਪਿ ਲੜਿ ਲਾਇ ਲਈ ॥੩॥ ਬੇਦ ਕਤੇਬ ਸੰਸਾਰ ਹਭਾ ਹੂੰ ਬਾਹਰਾ ॥ ਨਾਨਕ ਕਾ ਪਾਤਿਸਾਹੁ ਦਿਸੈ ਜਾਹਰਾ ॥੪॥੩॥੧੦੫॥ {ਪੰਨਾ 397}

ਪਦਅਰਥ:- ਸਾਈ—ਸਾਈਂ । ਅਲਖੁ—ਜਿਸ ਦਾ ਸਹੀ ਰੂਪ ਬਿਆਨ ਨਾਹ ਕੀਤਾ ਜਾ ਸਕੇ । ਅਪਾਰੁ—ਬੇਅੰਤ । ਭੋਰੀ—ਰਤਾ ਕੁ ਸਮਾ ਭੀ । ਮਨਿ—ਮਨ ਵਿਚ । ਮਾਇ—ਹੇ ਮਾਂ! ਮੈਡਾ—ਮੇਰਾ । ਹਭੁ—ਸਾਰਾ ।੧।

ਹਉ—ਮੈਂ । ਵੰਞਾ—ਜਾਂਦੀ ਹਾਂ । ਘਣਾ—ਬਹੁਤ । ਮਨਿ—ਮਨ ਵਿਚ । ਤਨਿ—ਤਨ ਵਿਚ । ਜਾਪਣੇ—ਜਪਣ ਨਾਲ ।੧।

ਬਿੰਦਕ—ਥੋੜੀ ਜਿਤਨੀ ਹੀ । ਗਾਲ੍ਹਿ—ਗੱਲ, ਸਿਫ਼ਤਿ-ਸਾਲਾਹ । ਤਿਸੁ ਧਣੀ—ਉਸ ਮਾਲਕ ਦੀ । ਸੁਖੀ ਹੂੰ ਸੁਖੁ—ਸਭ ਤੋਂ ਸ੍ਰੇਸ਼ਟ ਸੁਖ । ਮਾਇ—ਹੇ ਮਾਂ! ਕੀਮ—ਕੀਮਤ, ਮੁੱਲ । ਨ ਗਣੀ—ਮੈਂ ਬਿਆਨ ਨਹੀਂ ਕਰ ਸਕਦੀ ।੨।

ਨੈਣ ਪਸੰਦੋ—ਅੱਖਾਂ ਨੂੰ ਚੰਗਾ ਲੱਗਣ ਵਾਲਾ । ਪੇਖਿ—ਵੇਖ ਕੇ । ਮੁਸਤਾਕ—ਆਸ਼ਿਕ, ਮੋਹਿਤ । ਮੈ

ਨਿਰਗੁਣਿ—ਮੈਨੂੰ ਗੁਣ-ਹੀਣ ਨੂੰ । ਮਾਇ—ਹੇ ਮਾਂ! ਲੜਿ—ਪੱਲੇ ਨਾਲ ।੩।

ਬੇਦ ਕਤੇਬ—ਹਿੰਦੂ ਮੁਸਲਮਾਨ ਆਦਿਕ ਸਭਨਾਂ ਦੇ ਧਾਰਮਿਕ ਪੁਸਤਕ । ਹਭਾ ਹੂੰ—ਸਭਨਾਂ ਤੋਂ । ਜਾਹਰਾ—ਪ੍ਰਤੱਖ, ਹਰ ਥਾਂ ਵੱਸਦਾ ।੪।

ਅਰਥ:- ਹੇ ਮਾਂ! ਮੈਂ ਆਪਣੇ ਖਸਮ-ਪ੍ਰਭੂ ਤੋਂ ਕੁਰਬਾਨ ਜਾਂਦੀ ਹਾਂ, ਉਸ ਦਾ ਨਾਮ ਜਪਣ ਨਾਲ ਮੇਰੇ ਮਨ ਵਿਚ ਮੇਰੇ ਹਿਰਦੇ ਵਿਚ ਆਨੰਦ ਪੈਦਾ ਹੋ ਜਾਂਦਾ ਹੈ ।੧।ਰਹਾਉ।

ਹੇ ਮਾਂ! ਜਦੋਂ ਉਹ ਬੇਅੰਤ ਅਲੱਖ ਖਸਮ-ਪ੍ਰਭੂ ਰਤਾ ਕੁ ਸਮੇ ਵਾਸਤੇ ਭੀ ਮੇਰੇ ਮਨ ਵਿਚ ਆ ਵੱਸਦਾ ਹੈ ਮੇਰਾ ਹਰੇਕ ਦੁੱਖ-ਦਰਦ ਮੇਰਾ ਹਰੇਕ ਰੋਗ ਸਭ ਦੂਰ ਹੋ ਜਾਂਦਾ ਹੈ ।੧।

ਹੇ ਮਾਂ! ਜਦੋਂ ਉਸ ਸਦਾ ਕਾਇਮ ਰਹਿਣ ਵਾਲੇ ਮਾਲਕ-ਪ੍ਰਭੂ ਦੀ ਮੈਂ ਥੋੜੀ ਜਿਤਨੀ ਹੀ ਸਿਫ਼ਤਿ-ਸਾਲਾਹ ਸੁਣਦੀ ਹਾਂ ਤਾਂ ਮੈਂ ਇਤਨਾ ਉੱਚਾ ਸੁਖ ਅਨੁਭਵ ਕਰਦੀ ਹਾਂ ਕਿ ਮੈਂ ਉਸ ਦਾ ਮੁੱਲ ਨਹੀਂ ਦੱਸ ਸਕਦੀ ।੨।

ਹੇ ਮੇਰੀ ਮਾਂ! ਮੇਰਾ ਉਹ ਸਾਈਂ ਮੇਰੀਆਂ ਅੱਖਾਂ ਨੂੰ ਪਿਆਰਾ ਲੱਗਦਾ ਹੈ ਉਸ ਨੂੰ ਵੇਖ ਕੇ ਮੈਂ ਮਸਤ ਹੋ ਜਾਂਦੀ ਹਾਂ । ਹੇ ਮਾਂ! ਮੇਰੇ ਵਿਚ ਕੋਈ ਗੁਣ ਨਹੀਂ, ਫਿਰ ਭੀ ਉਸ ਨੇ ਆਪ ਹੀ ਮੈਨੂੰ ਆਪਣੇ ਲੜ ਲਾ ਰੱਖਿਆ ਹੈ ।੩।

(ਹੇ ਮਾਂ! ਉਹ ਮੇਰਾ ਪਾਤਿਸ਼ਾਹ ਨਿਰਾ ਸੰਸਾਰ ਵਿਚ ਹੀ ਨਹੀਂ ਵੱਸ ਰਿਹਾ ਉਹ ਤਾਂ) ਇਸ ਦਿੱਸਦੇ ਸੰਸਾਰ ਤੋਂ ਬਾਹਰ ਭੀ ਹਰ ਥਾਂ ਹੈ, ਵੇਦ ਕਤੇਬ ਆਦਿਕ ਕੋਈ ਧਰਮ-ਪੁਸਤਕ ਉਸ ਦਾ ਸਰੂਪ ਬਿਆਨ ਨਹੀਂ ਕਰ ਸਕਦੇ । (ਉਂਞ, ਹੇ ਮਾਂ!) ਮੈਂ ਨਾਨਕ ਦਾ ਪਾਤਿਸ਼ਾਹ ਹਰ ਥਾਂ ਪ੍ਰਤੱਖ ਦਿੱਸ ਰਿਹਾ ਹੈ ।੪।੩।੧੦੫।

ਆਸਾ ਮਹਲਾ ੫ ॥ ਲਾਖ ਭਗਤ ਆਰਾਧਹਿ ਜਪਤੇ ਪੀਉ ਪੀਉ ॥ ਕਵਨ ਜੁਗਤਿ ਮੇਲਾਵਉ ਨਿਰਗੁਣ ਬਿਖਈ ਜੀਉ ॥੧॥ ਤੇਰੀ ਟੇਕ ਗੋਵਿੰਦ ਗੁਪਾਲ ਦਇਆਲ ਪ੍ਰਭ ॥ ਤੂੰ ਸਭਨਾ ਕੇ ਨਾਥ ਤੇਰੀ ਸ੍ਰਿਸਟਿ ਸਭ ॥੧॥ ਰਹਾਉ ॥ ਸਦਾ ਸਹਾਈ ਸੰਤ ਪੇਖਹਿ ਸਦਾ ਹਜੂਰਿ ॥ ਨਾਮ ਬਿਹੂਨੜਿਆ ਸੇ ਮਰਨਿ੍ ਵਿਸੂਰਿ ਵਿਸੂਰਿ ॥੨॥ ਦਾਸ ਦਾਸਤਣ ਭਾਇ ਮਿਟਿਆ ਤਿਨਾ ਗਉਣੁ ॥ ਵਿਸਰਿਆ ਜਿਨ੍ਾ ਨਾਮੁ ਤਿਨਾੜਾ ਹਾਲੁ ਕਉਣੁ ॥੩॥ ਜੈਸੇ ਪਸੁ ਹਰ੍ਹਿਆਉ ਤੈਸਾ ਸੰਸਾਰੁ ਸਭ ॥ ਨਾਨਕ ਬੰਧਨ ਕਾਟਿ ਮਿਲਾਵਹੁ ਆਪਿ ਪ੍ਰਭ ॥੪॥੪॥੧੦੬॥ {ਪੰਨਾ 397}

ਪਦਅਰਥ:- ਆਰਾਧਹਿ—ਆਰਾਧਦੇ ਹਨ । ਪੀਉ—ਪਿਆਰਾ । ਜੁਗਤਿ—ਤਰੀਕਾ । ਮੇਲਾਵਉ—ਮਿਲਉ, ਮੈਂ ਮਿਲਾਂ, ਮਿਲਉਂ । ਬਿਖਈ—ਵਿਕਾਰੀ । ਜੀਉ—ਜੀਵ ।੧।

ਗੋਵਿੰਦ—ਹੇ ਗੋਵਿੰਦ! ਪ੍ਰਭ—ਹੇ ਪ੍ਰਭੂ! ਨਾਥ—ਖਸਮ ।੧।ਰਹਾਉ।

ਸਹਾਈ ਸੰਤ—ਸੰਤਾਂ ਦੀ ਸਹਾਇਤਾ ਕਰਨ ਵਾਲਾ । ਪੇਖਹਿ—ਸੰਤ ਵੇਖਦੇ ਹਨ । ਹਜੂਰਿ—ਅੰਗ ਸੰਗ ਵੱਸਦਾ । ਬਿਹੂਨੜਿਆ—ਸੱਖਣੇ । ਮਰਨਿ੍—ਆਤਮਕ ਮੌਤ ਸਹੇੜਦੇ ਹਨ । ਵਿਸੂਰਿ—ਝੂਰ ਕੇ ।੨।

ਭਾਇ—ਭਾਵ ਵਿਚ (ਰਹਿ ਕੇ) । ਦਾਸਤਣ—ਦਾਸ-ਪਣ । ਦਾਸ ਦਾਸਤਣ ਭਾਇ—ਪਰਮਾਤਮਾ ਦੇ ਦਾਸਾਂ ਦਾ ਦਾਸ ਹੋਣ ਦੇ ਭਾਵ ਦੀ ਰਾਹੀਂ । ਗਉਣੁ—ਭਟਕਣਾ, ਜਨਮ ਮਰਨ ਦਾ ਗੇੜ । ਤਿਨਾੜਾ—ਉਹਨਾਂ ਦਾ । ਹਾਲੁ ਕਉਣੁ—ਕੇਹੜਾ ਹਾਲ? ਉਹ ਹਾਲ ਜੋ ਬਿਆਨ ਨਹੀਂ ਹੋ ਸਕਦਾ, ਭੈੜਾ ਹਾਲ ।੩।

ਪਸੁ—ਪਸ਼ੂ । ਹਰ੍ਹਿਆਉ—ਖੁੱਲ੍ਹਾ ਰਹਿ ਕੇ ਹਰੀਆਂ ਖੇਤੀਆਂ ਚੁਗਣ ਵਾਲਾ । ਕਾਟਿ—ਕੱਟ ਕੇ ।੪।

ਅਰਥ:- ਹੇ ਗੋਵਿੰਦ! ਹੇ ਗੁਪਾਲ! ਹੇ ਦਇਆਲ ਪ੍ਰਭੂ! ਮੈਨੂੰ ਤੇਰਾ ਹੀ ਆਸਰਾ ਹੈ । ਤੂੰ ਸਭ ਜੀਵਾਂ ਦਾ ਖਸਮ ਹੈਂ, ਸਾਰੀ ਸ੍ਰਿਸ਼ਟੀ ਤੇਰੀ ਹੀ ਪੈਦਾ ਕੀਤੀ ਹੋਈ ਹੈ ।੧।ਰਹਾਉ।

ਹੇ ਪ੍ਰਭੂ! ਤੇਰੇ ਲੱਖਾਂ ਹੀ ਭਗਤ ਤੈਨੂੰ 'ਪਿਆਰਾ, ਪਿਆਰਾ' ਆਖ ਕੇ ਤੇਰਾ ਨਾਮ ਜਪਦੇ ਹਨ ਤੇਰੀ ਅਰਾਧਨਾ ਕਰਦੇ ਹਨ (ਉਹਨਾਂ ਦੇ ਸਾਹਮਣੇ ਮੈਂ ਤਾਂ) ਗੁਣ-ਹੀਣ ਵਿਕਾਰੀ ਜੀਵ ਹਾਂ, (ਹੇ ਪ੍ਰਭੂ!) ਮੈਂ ਤੈਨੂੰ ਕਿਸ ਤਰੀਕੇ ਨਾਲ ਮਿਲਾਂ? ।੧।

ਹੇ ਪ੍ਰਭੂ! ਤੂੰ ਆਪਣੇ ਸੰਤਾਂ ਦੀ ਸਹਾਇਤਾ ਕਰਨ ਵਾਲਾ ਹੈਂ ਤੇਰੇ ਸੰਤ ਤੈਨੂੰ ਸਦਾ ਆਪਣੇ ਅੰਗ-ਸੰਗ ਵੱਸਦਾ ਵੇਖਦੇ ਹਨ, ਪਰ ਜੇਹੜੇ (ਭਾਗ-ਹੀਣ ਤੇਰੇ) ਨਾਮ ਤੋਂ ਵਾਂਜੇ ਹੋਏ ਹਨ ਉਹ (ਵਿਕਾਰਾਂ ਵਿਚ ਹੀ) ਝੁਰ ਝੁਰ ਕੇ ਆਤਮਕ ਮੌਤ ਸਹੇੜੀ ਰੱਖਦੇ ਹਨ ।੨।

ਹੇ ਪ੍ਰਭੂ! ਜੇਹੜੇ ਮਨੁੱਖ ਤੇਰੇ ਦਾਸਾਂ ਦਾ ਦਾਸ ਹੋਣ ਦੇ ਭਾਵ ਵਿਚ ਟਿਕੇ ਰਹਿੰਦੇ ਹਨ ਉਹਨਾਂ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ, ਪਰ ਜਿਨ੍ਹਾਂ (ਮੰਦ-ਭਾਗੀਆਂ) ਨੂੰ ਤੇਰਾ ਨਾਮ ਭੁੱਲਾ ਰਹਿੰਦਾ ਹੈ ਉਹਨਾਂ ਦਾ ਹਾਲ ਭੈੜਾ ਹੀ ਟਿਕਿਆ ਰਹਿੰਦਾ ਹੈ ।੩।

(ਹੇ ਭਾਈ!) ਜਿਵੇਂ ਖੁਲ੍ਹਾ ਰਹਿ ਕੇ ਹਰੀਆਂ ਖੇਤੀਆਂ ਚੁਗਣ ਵਾਲਾ ਕੋਈ ਪਸ਼ੂ (ਅਵਾਰਾ ਭੌਂਦਾ ਫਿਰਦਾ) ਹੈ ਤਿਵੇਂ ਸਾਰਾ ਜਗਤ (ਵਿਕਾਰਾਂ ਪਿੱਛੇ ਭਟਕ ਰਿਹਾ ਹੈ) ।

ਹੇ ਨਾਨਕ! (ਆਖ—) ਹੇ ਪ੍ਰਭੂ! (ਮੇਰੇ ਵਿਕਾਰਾਂ ਵਾਲੇ) ਬੰਧਨ ਕੱਟ ਕੇ ਮੈਨੂੰ ਤੂੰ ਆਪ ਆਪਣੇ ਚਰਨਾਂ ਵਿਚ ਜੋੜੀ ਰੱਖ ।੪।੪।੧੦੬।

ਆਸਾ ਮਹਲਾ ੫ ॥ ਹਭੇ ਥੋਕ ਵਿਸਾਰਿ ਹਿਕੋ ਖਿਆਲੁ ਕਰਿ ॥ ਝੂਠਾ ਲਾਹਿ ਗੁਮਾਨੁ ਮਨੁ ਤਨੁ ਅਰਪਿ ਧਰਿ ॥੧॥ ਆਠ ਪਹਰ ਸਾਲਾਹਿ ਸਿਰਜਨਹਾਰ ਤੂੰ ॥ ਜੀਵਾਂ ਤੇਰੀ ਦਾਤਿ ਕਿਰਪਾ ਕਰਹੁ ਮੂੰ ॥੧॥ ਰਹਾਉ ॥ ਸੋਈ ਕੰਮੁ ਕਮਾਇ ਜਿਤੁ ਮੁਖੁ ਉਜਲਾ ॥ ਸੋਈ ਲਗੈ ਸਚਿ ਜਿਸੁ ਤੂੰ ਦੇਹਿ ਅਲਾ ॥੨॥ ਜੋ ਨ ਢਹੰਦੋ ਮੂਲਿ ਸੋ ਘਰੁ ਰਾਸਿ ਕਰਿ ॥ ਹਿਕੋ ਚਿਤਿ ਵਸਾਇ ਕਦੇ ਨ ਜਾਇ ਮਰਿ ॥੩॥ ਤਿਨ੍ਹਾ ਪਿਆਰਾ ਰਾਮੁ ਜੋ ਪ੍ਰਭ ਭਾਣਿਆ ॥ ਗੁਰ ਪਰਸਾਦਿ ਅਕਥੁ ਨਾਨਕਿ ਵਖਾਣਿਆ ॥੪॥੫॥੧੦੭॥ {ਪੰਨਾ 397}

ਪਦਅਰਥ:- ਹਭੇ—ਸਾਰੇ । ਥੋਕ—ਪਦਾਰਥ । ਹਿਕੋ ਖਿਆਲੁ—ਇਕ ਪਰਮਾਤਮਾ ਦਾ ਧਿਆਨ । ਲਾਹਿ—ਦੂਰ ਕਰ ਦੇ । ਗੁਮਾਨੁ—ਅਹੰਕਾਰ । ਅਰਪਿ—ਅਰਪ ਕੇ, ਭੇਟਾ ਕਰ ਕੇ ।੧।

ਸਾਲਾਹਿ—ਸਿਫ਼ਤਿ-ਸਾਲਾਹ ਕਰ ਕੇ । ਸਿਰਜਨਹਾਰ—ਹੇ ਸਿਰਜਣਹਾਰ! ਤੂੰ—ਤੈਨੂੰ । ਜੀਵਾਂ—ਮੈਂ ਜੀਉ ਪੈਂਦਾ ਹਾਂ, ਮੈਨੂੰ ਆਤਮਕ ਜੀਵਨ ਮਿਲ ਜਾਂਦਾ ਹੈ । ਮੂੰ—ਮੈਨੂੰ, ਮੇਰੇ ਉਤੇ ।੧।ਰਹਾਉ।

ਕਮਾਇ—ਕਰ । ਜਿਤੁ—ਜਿਸ (ਕੰਮ) ਦੀ ਰਾਹੀਂ । ਉਜਲਾ—ਰੋਸ਼ਨ । ਸੋਈ—ਉਹੀ ਮਨੁੱਖ । ਸਚਿ—ਸਦਾ ਕਾਇਮ ਰਹਿਣ ਵਾਲੇ ਵਿਚ । ਤੂੰ ਦੇਹਿ—ਤੂੰ ਦੇਂਦਾ ਹੈਂ । ਅਲਾ—ਹੇ ਅੱਲਾ! ਹੇ ਪ੍ਰਭੂ! ।੨।

ਢਹੰਦੋ—ਨਾਸ ਹੁੰਦਾ । ਮੂਲਿ—ਬਿਲਕੁਲ । ਰਾਸਿ ਕਰਿ—ਠੀਕ ਕਰ । ਹਿਕੋ—ਇਕ ਪਰਮਾਤਮਾ ਨੂੰ ਹੀ । ਚਿਤਿ—ਚਿੱਤ ਵਿਚ ।੩।

ਪ੍ਰਭ ਭਾਣਿਆ—ਪ੍ਰਭੂ ਨੂੰ ਪਿਆਰੇ ਲੱਗਦੇ ਹਨ । ਪਰਸਾਦਿ—ਕਿਰਪਾ ਨਾਲ । ਅਕਥੁ—ਜਿਸ ਦਾ ਸਹੀ ਸਰੂਪ

ਬਿਆਨ ਨਾਹ ਕੀਤਾ ਜਾ ਸਕੇ । ਨਾਨਕਿ—ਨਾਨਕ ਨੇ ।੪।

ਅਰਥ:- ਹੇ ਸਿਰਜਣਹਾਰ ਪ੍ਰਭੂ! ਅੱਠੇ ਪਹਰ ਤੈਨੂੰ ਸਾਲਾਹ ਕੇ (ਤੇਰੀ ਸਿਫ਼ਤਿ-ਸਾਲਾਹ ਕਰ ਕੇ) ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ । ਮੇਰੇ ਉੱਤੇ ਮੇਹਰ ਕਰ ਮੈਨੂੰ (ਤੇਰੀ ਸਿਫ਼ਤਿ-ਸਾਲਾਹ ਦੀ) ਦਾਤਿ ਮਿਲ ਜਾਏ ।੧।ਰਹਾਉ।

ਹੇ ਭਾਈ! ਸਾਰੇ (ਸੰਸਾਰਕ) ਪਦਾਰਥਾਂ (ਦਾ ਮੋਹ) ਭੁਲਾ ਕੇ ਸਿਰਫ਼ ਇਕ ਪਰਮਾਤਮਾ ਦਾ ਧਿਆਨ ਧਰ (ਦੁਨੀਆ ਦੀਆਂ ਮਲਕੀਅਤਾਂ ਦਾ) ਝੂਠਾ ਮਾਣ (ਆਪਣੇ ਮਨ ਵਿਚੋਂ) ਦੂਰ ਕਰ ਦੇ, ਆਪਣਾ ਮਨ (ਪਰਮਾਤਮਾ ਅੱਗੇ) ਭੇਟਾ ਕਰ ਦੇ, ਆਪਣਾ ਹਿਰਦਾ (ਪ੍ਰਭੂ-ਚਰਨਾਂ ਵਿਚ) ਭੇਟਾ ਕਰ ਦੇ ।੧।

ਹੇ ਭਾਈ! ਉਹੀ ਕੰਮ ਕਰਿਆ ਕਰ ਜਿਸ ਕੰਮ ਦੀ ਰਾਹੀਂ (ਲੋਕ ਪਰਲੋਕ ਵਿਚ) ਤੇਰਾ ਮੂੰਹ ਰੋਸ਼ਨ ਰਹੇ । (ਪਰ,) ਹੇ ਪ੍ਰਭੂ! ਤੇਰੇ ਸਦਾ ਕਾਇਮ ਰਹਿਣ ਵਾਲੇ ਨਾਮ ਵਿਚ ਉਹੀ ਮਨੁੱਖ ਜੁੜਦਾ ਹੈ ਜਿਸ ਨੂੰ ਤੂੰ ਆਪ ਇਹ ਦਾਤਿ ਦੇਂਦਾ ਹੈਂ ।੨।

ਹੇ ਭਾਈ! (ਆਤਮਕ ਜੀਵਨ ਦੀ ਉਸਾਰੀ ਵਾਲੇ) ਉਸ (ਹਿਰਦੇ-) ਘਰ ਨੂੰ ਸੋਹਣਾ ਬਣਾ ਜੋ ਫਿਰ ਕਦੇ ਭੀ ਢਹਿ ਨਹੀਂ ਸਕਦਾ । ਹੇ ਭਾਈ! ਇਕ ਪਰਮਾਤਮਾ ਨੂੰ ਹੀ ਆਪਣੇ ਚਿੱਤ ਵਿਚ ਵਸਾਈ ਰੱਖ ਉਹ ਪਰਮਾਤਮਾ ਕਦੇ ਭੀ ਨਹੀਂ ਮਰਦਾ ।੩।

(ਹੇ ਭਾਈ!) ਜੇਹੜੇ ਮਨੁੱਖ ਪਰਮਾਤਮਾ ਨੂੰ ਚੰਗੇ ਲੱਗ ਪੈਂਦੇ ਹਨ ਉਹਨਾਂ ਨੂੰ ਪਰਮਾਤਮਾ ਪਿਆਰਾ ਲੱਗਣ ਲੱਗ ਪੈਂਦਾ ਹੈ (ਪਰ, ਇਹ ਗੁਰੂ ਦੀ ਮੇਹਰ ਨਾਲ ਹੀ ਹੁੰਦਾ ਹੈ), ਨਾਨਕ ਨੇ ਗੁਰੂ ਦੀ ਕਿਰਪਾ ਨਾਲ ਹੀ ਉਸ ਬੇਅੰਤ ਗੁਣਾਂ ਦੇ ਮਾਲਕ-ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨੀ ਸ਼ੁਰੂ ਕੀਤੀ ਹੋਈ ਹੈ ।੪।੫।੧੦੭।

ਆਸਾ ਮਹਲਾ ੫ ॥ ਜਿਨ੍ਾ ਨ ਵਿਸਰੈ ਨਾਮੁ ਸੇ ਕਿਨੇਹਿਆ ॥ ਭੇਦੁ ਨ ਜਾਣਹੁ ਮੂਲਿ ਸਾਂਈ ਜੇਹਿਆ ॥੧॥ ਮਨੁ ਤਨੁ ਹੋਇ ਨਿਹਾਲੁ ਤੁਮ੍ ਸੰਗਿ ਭੇਟਿਆ ॥ ਸੁਖੁ ਪਾਇਆ ਜਨ ਪਰਸਾਦਿ ਦੁਖੁ ਸਭੁ ਮੇਟਿਆ ॥੧॥ ਰਹਾਉ ॥ ਜੇਤੇ ਖੰਡ ਬ੍ਰਹਮੰਡ ਉਧਾਰੇ ਤਿੰਨ੍ ਖੇ ॥ ਜਿਨ੍ ਮਨਿ ਵੁਠਾ ਆਪਿ ਪੂਰੇ ਭਗਤ ਸੇ ॥੨॥ ਜਿਸ ਨੋ ਮੰਨੇ ਆਪਿ ਸੋਈ ਮਾਨੀਐ ॥ ਪ੍ਰਗਟ ਪੁਰਖੁ ਪਰਵਾਣੁ ਸਭ ਠਾਈ ਜਾਨੀਐ ॥੩॥ ਦਿਨਸੁ ਰੈਣਿ ਆਰਾਧਿ ਸਮ੍ਾਲੇ ਸਾਹ ਸਾਹ ॥ ਨਾਨਕ ਕੀ ਲੋਚਾ ਪੂਰਿ ਸਚੇ ਪਾਤਿਸਾਹ ॥੪॥੬॥੧੦੮॥ {ਪੰਨਾ 397}

ਪਦਅਰਥ:- ਸੇ—ਉਹ ਬੰਦੇ । ਕਿਨੇਹਿਆ—ਕਿਹੋ ਜਿਹੇ? ਭੇਦੁ—ਫ਼ਰਕ । ਮੂਲਿ—ਬਿਲਕੁਲ । ਸਾਂਈ—ਖਸਮ-ਪ੍ਰਭੂ ।੧।

ਨਿਹਾਲੁ—ਪ੍ਰਸੰਨ । ਤੁਮ੍ ਸੰਗਿ—ਤੇਰੇ ਨਾਲ (ਹੇ ਪ੍ਰਭੂ!) । ਭੇਟਿਆ—ਸੰਗਤਿ ਕੀਤਿਆਂ । ਜਨ ਪਰਸਾਦਿ—(ਤੇਰੇ) ਸੇਵਕ ਦੀ ਕਿਰਪਾ ਨਾਲ ।੧।ਰਹਾਉ।

ਜੇਤੇ—ਜਿਤਨੇ ਭੀ ਹਨ, ਸਾਰੇ । ਖੰਡ—ਸ੍ਰਿਸ਼ਟੀ ਦੇ ਹਿੱਸੇ । ਉਧਾਰੇ—(ਸੰਸਾਰ-ਸਮੁੰਦਰ ਤੋਂ) ਬਚਾ ਲਏ । ਤਿੰਨ੍ ਖੇ—ਉਹਨਾਂ ਨੇ । ਮਨਿ—ਮਨ ਵਿਚ । ਵੁਠਾ—ਆ ਵੱਸਿਆ । ਸੇ—ਉਹ ਬੰਦੇ ।੨।

ਮੰਨੇ—ਆਦਰ ਦੇਂਦਾ ਹੈ । ਸੋਈ—ਉਹੀ ਮਨੁੱਖ । ਮਾਨੀਐ—ਮੰਨਿਆ ਜਾਂਦਾ ਹੈ, (ਹਰ ਥਾਂ) ਆਦਰ ਪਾਂਦਾ ਹੈ । ਜਾਨੀਐ—ਜਾਣਿਆ ਜਾਂਦਾ ਹੈ, ਉੱਘਾ ਹੋ ਜਾਂਦਾ ਹੈ ।੩।

ਰੈਣਿ—ਰਾਤ । ਆਰਾਧਿ—ਆਰਾਧਨਾ ਕਰ ਕੇ । ਸਮ੍ਹਾਲੇ—ਹਿਰਦੇ ਵਿਚ ਵਸਾਈ ਰੱਖੇ । ਲੋਚਾ—ਤਾਂਘ । ਪੂਰਿ—ਪੂਰੀ ਕਰ । ਸਚੇ—ਹੇ ਸਦਾ-ਥਿਰ ਰਹਿਣ ਵਾਲੇ! ।੪।

ਅਰਥ:- (ਹੇ ਪ੍ਰਭੂ!) ਜਿਨ੍ਹਾਂ ਮਨੁੱਖਾਂ ਨੇ ਤੇਰੇ ਨਾਲ ਸੰਗਤਿ ਕੀਤੀ ਉਹਨਾਂ ਦਾ ਮਨ ਪ੍ਰਸੰਨ ਰਹਿੰਦਾ ਹੈ, ਉਹਨਾਂ (ਤੇਰੇ) ਸੇਵਕ (-ਗੁਰੂ) ਦੀ ਕਿਰਪਾ ਨਾਲ ਆਤਮਕ ਆਨੰਦ ਪ੍ਰਾਪਤ ਕਰ ਲਿਆ ਹੈ ਤੇ ਆਪਣਾ ਸਾਰਾ ਦੁੱਖ ਮਿਟਾ ਲਿਆ ਹੈ ।੧।ਰਹਾਉ।

(ਹੇ ਭਾਈ!) ਜਿਨ੍ਹਾਂ ਮਨੁੱਖਾਂ ਨੂੰ ਕਦੇ ਭੀ ਪਰਮਾਤਮਾ ਦਾ ਨਾਮ ਨਹੀਂ ਭੁੱਲਦਾ (ਕੀ ਤੈਨੂੰ ਪਤਾ ਹੈ ਕਿ) ਉਹ ਕਿਹੋ ਜਿਹੇ ਹੁੰਦੇ ਹਨ? (ਉਹਨਾਂ ਵਿਚ ਤੇ ਖਸਮ-ਪ੍ਰਭੂ ਵਿਚ) ਰਤਾ ਭੀ ਫ਼ਰਕ ਨਾਹ ਸਮਝੋ, ਉਹ ਖਸਮ-ਪ੍ਰਭੂ ਵਰਗੇ ਹੋ ਜਾਂਦੇ ਹਨ ।੧।

(ਹੇ ਭਾਈ!) ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਪਰਮਾਤਮਾ ਆਪ ਆ ਵੱਸਦਾ ਹੈ ਉਹ ਮੁਕੰਮਲ ਭਗਤ ਬਣ ਜਾਂਦੇ ਹਨ, ਉਹਨਾਂ ਨੇ ਸਾਰੇ ਖੰਡਾਂ ਬ੍ਰਹਮੰਡਾਂ ਨੂੰ ਭੀ (ਸੰਸਾਰ-ਸਮੁੰਦਰ ਤੋਂ) ਬਚਾ ਲੈਣ ਦੀ ਸਮਰੱਥਾ ਪ੍ਰਾਪਤ ਕਰ ਲਈ ਹੁੰਦੀ ਹੈ ।੨।

(ਹੇ ਭਾਈ!) ਜਿਸ ਮਨੁੱਖ ਨੂੰ ਪਰਮਾਤਮਾ ਆਪ ਆਦਰ ਦੇਂਦਾ ਹੈ ਉਹ (ਹਰ ਥਾਂ) ਆਦਰ ਪਾਂਦਾ ਹੈ, ਉਹ ਮਨੁੱਖ (ਲੋਕ ਪਰਲੋਕ ਵਿਚ) ਸਭ ਥਾਈਂ ਉੱਘਾ ਹੋ ਜਾਂਦਾ ਹੈ ਉਹ ਪ੍ਰਸਿੱਧ ਹੋ ਚੁੱਕਾ ਹਰ ਥਾਂ ਮੰਨਿਆ-ਪ੍ਰਮੰਨਿਆ ਜਾਂਦਾ ਹੈ ।੩।

ਹੇ (ਮੇਰੇ) ਸਦਾ ਕਾਇਮ ਰਹਿਣ ਵਾਲੇ ਪਾਤਿਸ਼ਾਹ! (ਮੇਰੀ) ਨਾਨਕ ਦੀ ਇਹ ਤਾਂਘ ਪੂਰੀ ਕਰ (ਕਿ ਨਾਨਕ) ਦਿਨ ਰਾਤ ਤੇਰੀ ਅਰਾਧਨ ਕਰ ਕੇ ਤੈਨੂੰ ਸੁਆਸ ਸੁਆਸ (ਆਪਣੇ) ਹਿਰਦੇ ਵਿਚ ਵਸਾਈ ਰੱਖੇ ।੪।੬।੧੦੮।

ਆਸਾ ਮਹਲਾ ੫ ॥ ਪੂਰਿ ਰਹਿਆ ਸ੍ਰਬ ਠਾਇ ਹਮਾਰਾ ਖਸਮੁ ਸੋਇ ॥ ਏਕੁ ਸਾਹਿਬੁ ਸਿਰਿ ਛਤੁ ਦੂਜਾ ਨਾਹਿ ਕੋਇ ॥੧॥ ਜਿਉ ਭਾਵੈ ਤਿਉ ਰਾਖੁ ਰਾਖਣਹਾਰਿਆ ॥ ਤੁਝ ਬਿਨੁ ਅਵਰੁ ਨ ਕੋਇ ਨਦਰਿ ਨਿਹਾਰਿਆ ॥੧॥ ਰਹਾਉ ॥ ਪ੍ਰਤਿਪਾਲੇ ਪ੍ਰਭੁ ਆਪਿ ਘਟਿ ਘਟਿ ਸਾਰੀਐ ॥ ਜਿਸੁ ਮਨਿ ਵੁਠਾ ਆਪਿ ਤਿਸੁ ਨ ਵਿਸਾਰੀਐ ॥੨॥ ਜੋ ਕਿਛੁ ਕਰੇ ਸੁ ਆਪਿ ਆਪਣ ਭਾਣਿਆ ॥ ਭਗਤਾ ਕਾ ਸਹਾਈ ਜੁਗਿ ਜੁਗਿ ਜਾਣਿਆ ॥੩॥ ਜਪਿ ਜਪਿ ਹਰਿ ਕਾ ਨਾਮੁ ਕਦੇ ਨ ਝੂਰੀਐ ॥ ਨਾਨਕ ਦਰਸ ਪਿਆਸ ਲੋਚਾ ਪੂਰੀਐ ॥੪॥੭॥੧੦੯॥ {ਪੰਨਾ 398}

ਪਦਅਰਥ:- ਪੂਰਿ ਰਹਿਆ—ਵਿਆਪਕ ਹੈ, ਮੌਜੂਦ ਹੈ । ਸ੍ਰਬ ਠਾਇ—ਹਰੇਕ ਥਾਂ ਵਿਚ । ਸੋਇ—ਉਹ (ਪਰਮਾਤਮਾ) । ਸਿਰਿ—ਸਿਰ ਉੱਤੇ । ਛਤੁ—ਛੱਤ੍ਰ ।੧।

ਰਾਖਣਹਾਰਿਆ—ਹੇ ਰੱਖਿਆ ਕਰਨ ਦੀ ਸਮਰਥਾ ਵਾਲੇ! ਨਦਰਿ—ਨਿਗਾਹ । ਨਿਹਾਲਿਆ—ਵੇਖਿਆ ।੧।ਰਹਾਉ।

ਪ੍ਰਤਿਪਾਲੇ—ਪਾਲਣਾ ਕਰਦਾ ਹੈ । ਘਟਿ ਘਟਿ—ਹਰੇਕ ਸਰੀਰ ਵਿਚ । ਸਾਰੀਐ—ਸਾਰੇ, ਸਾਰ ਲੈਂਦਾ ਹੈ । ਮਨਿ—ਮਨਿ ਵਿਚ । ਵੁਠਾ—ਆ ਵੱਸਿਆ । ਵਿਸਾਰੀਐ—ਵਿਸਾਰੇ, ਭੁਲਾਂਦਾ ।੨।

ਆਪਣ ਭਾਣਿਆ—ਆਪਣੀ ਰਜ਼ਾ ਅਨੁਸਾਰ । ਸਹਾਈ—ਮਦਦਗਾਰ । ਜੁਗਿ ਜੁਗਿ—ਹਰੇਕ ਜੁਗ ਵਿਚ ।੩।

ਜਪਿ—ਜਪ ਕੇ । ਨ ਝੂਰੀਐ—ਚਿੰਤਾ-ਫ਼ਿਕਰ ਨਹੀਂ ਕਰੀਦਾ । ਲੋਚਾ—ਤਾਂਘ । ਪੂਰੀਐ—ਪੂਰੀ ਕਰ ।੪।

ਅਰਥ:- ਹੇ ਸਭ ਜੀਵਾਂ ਦੀ ਰੱਖਿਆ ਕਰਨ ਦੇ ਸਮਰਥ ਪ੍ਰਭੂ! ਜਿਵੇਂ ਤੈਨੂੰ ਚੰਗਾ ਲੱਗੇ, ਉਸੇ ਤਰ੍ਹਾਂ ਮੇਰੀ ਰੱਖਿਆ ਕਰ । ਮੈਂ ਤੈਥੋਂ ਬਿਨਾ ਅਜੇ ਤਕ ਕੋਈ ਹੋਰ ਆਪਣੀਆਂ ਅੱਖਾਂ ਨਾਲ ਨਹੀਂ ਵੇਖਿਆ ਜੋ ਤੇਰੇ ਵਰਗਾ ਹੋਵੇ ।੧।ਰਹਾਉ।

(ਹੇ ਭਾਈ!) ਸਾਡਾ ਉਹ ਖਸਮ-ਸਾਈਂ ਹਰੇਕ ਥਾਂ ਵਿਚ ਵਿਆਪਕ ਹੈ, (ਸਭ ਜੀਵਾਂ ਦਾ ਉਹ) ਇਕੋ ਮਾਲਕ ਹੈ (ਸਾਰੀ ਸ੍ਰਿਸ਼ਟੀ ਦੀ ਬਾਦਸ਼ਾਹੀ ਦਾ) ਛੱਤ੍ਰ (ਉਸੇ ਦੇ) ਸਿਰ ਉਤੇ ਹੈ, ਉਸ ਦੇ ਬਰਾਬਰ ਹੋਰ ਕੋਈ ਨਹੀਂ ।੧।

(ਹੇ ਭਾਈ!) ਹਰੇਕ ਸਰੀਰ ਵਿਚ ਬੈਠਾ ਪ੍ਰਭੂ ਹਰੇਕ ਦੀ ਸਾਰ ਲੈਂਦਾ ਹੈ, ਹਰੇਕ ਦੀ ਪਾਲਣਾ ਕਰਦਾ ਹੈ । ਜਿਸ ਮਨੁੱਖ ਦੇ ਮਨ ਵਿਚ ਉਹ ਪ੍ਰਭੂ ਆਪ ਵੱਸਦਾ ਹੈ, ਉਸ ਨੂੰ ਕਦੇ ਫਿਰ ਭੁਲਾਂਦਾ ਨਹੀਂ ।੨।

(ਹੇ ਭਾਈ! ਜਗਤ ਵਿਚ) ਜੋ ਕੁਝ ਕਰ ਰਿਹਾ ਹੈ ਪਰਮਾਤਮਾ ਆਪ ਹੀ ਆਪਣੀ ਰਜ਼ਾ ਅਨੁਸਾਰ ਕਰ ਰਿਹਾ ਹੈ, (ਜਗਤ ਵਿਚ) ਇਹ ਗੱਲ ਪ੍ਰਸਿੱਧ ਹੈ ਕਿ ਹਰੇਕ ਜੁਗ ਵਿਚ ਪਰਮਾਤਮਾ ਆਪਣੇ ਭਗਤਾਂ ਦੀ ਸਹਾਇਤਾ ਕਰਦਾ ਆ ਰਿਹਾ ਹੈ ।੩।

(ਹੇ ਭਾਈ!) ਪਰਮਾਤਮਾ ਦਾ ਨਾਮ ਜਪ ਜਪ ਕੇ ਫਿਰ ਕਦੇ ਕਿਸੇ ਕਿਸਮ ਦੀ ਕੋਈ ਚਿੰਤਾ ਨਹੀਂ ਕਰਨੀ ਪੈਂਦੀ । (ਹੇ ਪ੍ਰਭੂ! ਤੇਰੇ ਦਾਸ) ਨਾਨਕ ਨੂੰ ਤੇਰੇ ਦਰਸਨ ਦੀ ਪਿਆਸ ਹੈ (ਨਾਨਕ ਦੀ ਇਹ) ਤਾਂਘ ਪੂਰੀ ਕਰ ।੪।੭।੧੦੯।

ਆਸਾ ਮਹਲਾ ੫ ॥ ਕਿਆ ਸੋਵਹਿ ਨਾਮੁ ਵਿਸਾਰਿ ਗਾਫਲ ਗਹਿਲਿਆ ॥ ਕਿਤੀਂ ਇਤੁ ਦਰੀਆਇ ਵੰਞਨ੍ਹਿ ਵਹਦਿਆ ॥੧॥ ਬੋਹਿਥੜਾ ਹਰਿ ਚਰਣ ਮਨ ਚੜਿ ਲੰਘੀਐ ॥ ਆਠ ਪਹਰ ਗੁਣ ਗਾਇ ਸਾਧੂ ਸੰਗੀਐ ॥੧॥ ਰਹਾਉ ॥ ਭੋਗਹਿ ਭੋਗ ਅਨੇਕ ਵਿਣੁ ਨਾਵੈ ਸੁੰਞਿਆ ॥ ਹਰਿ ਕੀ ਭਗਤਿ ਬਿਨਾ ਮਰਿ ਮਰਿ ਰੁੰਨਿਆ ॥੨॥ ਕਪੜ ਭੋਗ ਸੁਗੰਧ ਤਨਿ ਮਰਦਨ ਮਾਲਣਾ ॥ ਬਿਨੁ ਸਿਮਰਨ ਤਨੁ ਛਾਰੁ ਸਰਪਰ ਚਾਲਣਾ ॥੩॥ ਮਹਾ ਬਿਖਮੁ ਸੰਸਾਰੁ ਵਿਰਲੈ ਪੇਖਿਆ ॥ ਛੂਟਨੁ ਹਰਿ ਕੀ ਸਰਣਿ ਲੇਖੁ ਨਾਨਕ ਲੇਖਿਆ ॥੪॥੮॥੧੧੦॥ {ਪੰਨਾ 398}

ਪਦਅਰਥ:- ਕਿਆ ਸੋਵਹਿ—ਤੂੰ ਕਿਉਂ ਸੌਂ ਰਿਹਾ ਹੈਂ? ਵਿਸਾਰਿ—ਭੁਲਾ ਕੇ । ਗਾਫਲ—ਹੇ ਗ਼ਾਫ਼ਲ! ਗਹਿਲਿਆ—ਹੇ ਗਹਿਲੇ! ਹੇ ਬੇ-ਪਰਵਾਹ! ਕਿਤੀਂ—ਕਿਤਨੇ ਹੀ, ਅਨੇਕਾਂ ਜੀਵ । ਇਤੁ—ਇਸ ਵਿਚ । ਦਰੀਆਇ—(ਸੰਸਾਰ)-ਦਰਿਆ ਵਿਚ । ਵੰਞਨ੍ਹਿ—ਜਾ ਰਹੇ ਹਨ । ਵਹਦਿਆ—ਰੁੜ੍ਹਦੇ ।੧।

ਬੋਹਿਥੜਾ—ਸੋਹਣਾ ਜਹਾਜ਼ । ਮਨ—ਹੇ ਮਨ! ਚੜਿ—ਚੜ੍ਹ ਕੇ । ਸਾਧੂ ਸੰਗੀਐ—ਗੁਰੂ ਦੀ ਸੰਗਤਿ ਵਿਚ ।੧।ਰਹਾਉ।

ਭੋਗਹਿ—(ਜੀਵ) ਭੋਗਦੇ ਹਨ । ਸੁੰਞਿਆ—ਸੁੰਞੇ, ਆਤਮਕ ਜੀਵਨ ਤੋਂ ਖ਼ਾਲੀ । ਮਰਿ ਮਰਿ—ਆਤਮਕ-ਮੌਤ ਸਹੇੜ ਕੇ । ਰੁੰਨਿਆ—ਦੁਖੀ ਹੁੰਦੇ ਹਨ ।੨।

ਤਨਿ—ਸਰੀਰ ਉਤੇ । ਮਰਦਨ—ਵਟਣਾ ਆਦਿਕ । ਮਾਲਣਾ—ਮਲਦੇ ਹਨ । ਛਾਰੁ—ਸੁਆਹ, ਮਿੱਟੀ । ਸਰਪਰ—ਜ਼ਰੂਰ ।੩।

ਬਿਖਮੁ—ਬਿਖੜਾ, ਔਖਾ । ਵਿਰਲੇ—ਕਿਸੇ ਵਿਰਲੇ ਮਨੁੱਖ ਨੇ । ਛੂਟਨੁ—(ਇਸ ਬਿਖਮ ਸੰਸਾਰ ਤੋਂ) ਖ਼ਲਾਸੀ

।੪।

ਅਰਥ:– ਹੇ (ਮੇਰੇ) ਮਨ! ਪਰਮਾਤਮਾ ਦੇ ਚਰਨ ਇਕ ਸੋਹਣਾ ਜਿਹਾ ਜਹਾਜ਼ ਹਨ; (ਇਸ ਜਹਾਜ਼ ਵਿਚ) ਚੜ੍ਹ ਕੇ (ਸੰਸਾਰ-ਸਮੁੰਦਰ ਤੋਂ ਪਾਰ) ਲੰਘ ਜਾਈਦਾ ਹੈ (ਇਸ ਵਾਸਤੇ, ਹੇ ਮਨ!) ਗੁਰੂ ਦੀ ਸੰਗਤਿ ਵਿਚ ਰਹਿ ਕੇ ਅੱਠੇ ਪਹਰ ਪਰਮਾਤਮਾ ਦੇ ਗੁਣ ਗਾਂਦਾ ਰਿਹਾ ਕਰ ।੧।ਰਹਾਉ।

ਹੇ ਗ਼ਾਫ਼ਲ ਮਨ! ਹੇ ਬੇ-ਪਰਵਾਹ ਮਨ! ਪਰਮਾਤਮਾ ਦਾ ਨਾਮ ਭੁਲਾ ਕੇ ਕਿਉਂ (ਮਾਇਆ ਦੇ ਮੋਹ ਦੀ ਨੀਂਦ ਵਿਚ) ਸੌਂ ਰਿਹਾ ਹੈਂ? (ਵੇਖ, ਨਾਮ ਵਿਸਾਰ ਕੇ) ਅਨੇਕਾਂ ਹੀ ਜੀਵ ਇਸ (ਸੰਸਾਰ-) ਨਦੀ ਵਿਚ ਰੁੜ੍ਹਦੇ ਜਾ ਰਹੇ ਹਨ ।੧।

(ਹੇ ਮਨ! ਮੋਹ ਦੀ ਨੀਂਦ ਵਿਚ ਸੁੱਤੇ ਹੋਏ ਜੀਵ ਦੁਨੀਆ ਦੇ) ਅਨੇਕਾਂ ਭੋਗ ਭੋਗਦੇ ਰਹਿੰਦੇ ਹਨ, ਪਰ ਪਰਮਾਤਮਾ ਦੇ ਨਾਮ ਤੋਂ ਬਿਨਾ ਆਤਮਕ ਜੀਵਨ ਵਲੋਂ ਖ਼ਾਲੀ ਰਹਿ ਜਾਂਦੇ ਹਨ । ਪਰਮਾਤਮਾ ਦੀ ਭਗਤੀ ਤੋਂ ਬਿਨਾ (ਅਜੇਹੇ ਜੀਵ) ਸਦਾ ਆਤਮਕ ਮੌਤ ਸਹੇੜ ਸਹੇੜ ਕੇ ਦੁੱਖੀ ਹੁੰਦੇ ਰਹਿੰਦੇ ਹਨ ।੨।

(ਹੇ ਮਨ!) ਵੇਖ, ਜੀਵ (ਸੋਹਣੇ ਸੋਹਣੇ) ਕੱਪੜੇ ਪਹਿਨਦੇ ਹਨ, ਸੁਆਦਲੇ ਪਦਾਰਥ ਖਾਂਦੇ ਹਨ, ਸਰੀਰ ਉਤੇ ਸੁਗੰਧੀ ਵਾਲੇ ਵਟਣੇ ਆਦਿਕ ਮਲਦੇ ਹਨ, ਪਰ ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਉਹਨਾਂ ਦਾ ਇਹ ਸਰੀਰ ਸੁਆਹ (ਸਮਾਨ ਹੀ ਰਹਿੰਦਾ) ਹੈ, ਇਸ ਸਰੀਰ ਨੇ ਤਾਂ ਆਖ਼ਰ ਜ਼ਰੂਰ ਨਾਸ ਹੋ ਜਾਣਾ ਹੈ ।੩।

ਹੇ ਨਾਨਕ! (ਆਖ—) ਕਿਸੇ ਵਿਰਲੇ (ਭਾਗਾਂ ਵਾਲੇ) ਨੇ ਵੇਖਿਆ ਹੈ ਕਿ ਇਹ ਸੰਸਾਰ-(ਸਮੁੰਦਰ) ਬੜਾ ਭਿਆਨਕ ਹੈ, ਪਰਮਾਤਮਾ ਦੀ ਸਰਨ ਪਿਆਂ ਹੀ ਇਸ ਵਿਚੋਂ ਬਚਾਉ ਹੁੰਦਾ ਹੈ । (ਓਹੀ ਬਚਦਾ ਹੈ ਜਿਸ ਦੇ ਮੱਥੇ ਉੱਤੇ ਪ੍ਰਭੂ-ਨਾਮ ਦੇ ਸਿਮਰਨ ਦਾ) ਲੇਖ ਲਿਖਿਆ ਹੋਇਆ ਹੈ ।੪।੮।੧੧੦।

ਆਸਾ ਮਹਲਾ ੫ ॥ ਕੋਇ ਨ ਕਿਸ ਹੀ ਸੰਗਿ ਕਾਹੇ ਗਰਬੀਐ ॥ ਏਕੁ ਨਾਮੁ ਆਧਾਰੁ ਭਉਜਲੁ ਤਰਬੀਐ ॥੧॥ ਮੈ ਗਰੀਬ ਸਚੁ ਟੇਕ ਤੂੰ ਮੇਰੇ ਸਤਿਗੁਰ ਪੂਰੇ ॥ ਦੇਖਿ ਤੁਮ੍ਾਰਾ ਦਰਸਨੋ ਮੇਰਾ ਮਨੁ ਧੀਰੇ ॥੧॥ ਰਹਾਉ ॥ ਰਾਜੁ ਮਾਲੁ ਜੰਜਾਲੁ ਕਾਜਿ ਨ ਕਿਤੈ ਗਨੋੁ ॥ ਹਰਿ ਕੀਰਤਨੁ ਆਧਾਰੁ ਨਿਹਚਲੁ ਏਹੁ ਧਨੋੁ ॥੨॥ ਜੇਤੇ ਮਾਇਆ ਰੰਗ ਤੇਤ ਪਛਾਵਿਆ ॥ ਸੁਖ ਕਾ ਨਾਮੁ ਨਿਧਾਨੁ ਗੁਰਮੁਖਿ ਗਾਵਿਆ ॥੩॥ ਸਚਾ ਗੁਣੀ ਨਿਧਾਨੁ ਤੂੰ ਪ੍ਰਭ ਗਹਿਰ ਗੰਭੀਰੇ ॥ ਆਸ ਭਰੋਸਾ ਖਸਮ ਕਾ ਨਾਨਕ ਕੇ ਜੀਅਰੇ ॥੪॥੯॥੧੧੧॥ {ਪੰਨਾ 398}

ਪਦਅਰਥ:- ਕਿਸ ਹੀ ਸੰਗਿ—ਕਿਸੇ ਦੇ ਭੀ ਨਾਲ । ਗਰਬੀਐ—ਮਾਣ ਕਰੀਏ । ਆਧਾਰੁ—ਆਸਰਾ । ਭਉਜਲੁ—ਸੰਸਾਰ-ਸਮੁੰਦਰ । ਤਰਬੀਐ—ਤਰ ਸਕੀਦਾ ਹੈ ।੧।

ਸਚੁ—ਸਦਾ ਕਾਇਮ ਰਹਿਣ ਵਾਲਾ । ਟੇਕ—ਆਸਰਾ । ਸਤਿਗੁਰ—ਹੇ ਸਤਿਗੁਰੂ! ਦੇਖਿ—ਵੇਖ ਕੇ । ਧੀਰੇ—ਧੀਰਜ ਫੜਦਾ ਹੈ ।੧।ਰਹਾਉ।

ਜੰਜਾਲੁ—ਮੋਹ ਵਿਚ ਫਸਾਣ ਵਾਲਾ । ਕਾਜਿ ਕਿਤੈ—ਕਿਸੇ ਭੀ ਕੰਮ । ਗਨੋੁ—{ਅਸਲ ਲਫ਼ਜ਼ ਹੈ 'ਗਨੁ', ਇਥੇ ਪੜ੍ਹਨਾ ਹੈ 'ਗਨੋ'} ਗਿਣ, ਮਿਥ । ਆਧਾਰੁ—ਆਸਰਾ । ਧਨੋੁ—{ਅਸਲ ਲਫ਼ਜ਼ ਹੈ 'ਧਨੁ', ਇਥੇ 'ਧਨੋ' ਪੜ੍ਹਨਾ ਹੈ} ।੨।

ਰੰਗ—ਤਮਾਸ਼ੇ । ਤੇਤੇ—ਉਹ ਸਾਰੇ । ਪਛਾਵਿਆ—ਪਰਛਾਵੇਂ (ਵਾਂਗ ਢਲ ਜਾਣ ਵਾਲੇ) । ਸੁਖ ਕਾ ਨਿਧਾਨੁ—

ਸੁਖਾਂ ਦਾ ਖ਼ਜ਼ਾਨਾ ।੩।

ਗਹਿਰ—ਡੂੰਘਾ । ਗੰਭੀਰ—ਵੱਡੇ ਜਿਗਰੇ ਵਾਲਾ । ਜੀਅ ਰੇ—ਹੇ ਜਿੰਦੇ ! ।੪।

ਅਰਥ:- ਹੇ ਮੇਰੇ ਪੂਰੇ ਸਤਿਗੁਰੂ (ਪ੍ਰਭੂ)! ਤੂੰ ਸਦਾ ਕਾਇਮ ਰਹਿਣ ਵਾਲਾ ਹੈਂ ਮੈਂ ਗਰੀਬ ਦਾ ਤੂੰ ਹੀ ਸਹਾਰਾ ਹੈਂ । ਤੇਰਾ ਦਰਸਨ ਕਰ ਕੇ ਮੇਰਾ ਮਨ (ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕਣ ਲਈ) ਧੀਰਜ ਫੜਦਾ ਹੈ ।੧।ਰਹਾਉ।

(ਹੇ ਮੇਰੀ ਜਿੰਦੇ !) ਕੋਈ ਮਨੁੱਖ ਸਦਾ ਕਿਸੇ ਦੇ ਨਾਲ ਨਹੀਂ ਨਿਭਦਾ (ਇਸ ਵਾਸਤੇ ਸੰਬੰਧੀ ਆਦਿਕਾਂ ਦਾ) ਕੋਈ ਮਾਣ ਨਹੀਂ ਕਰਨਾ ਚਾਹੀਦਾ । ਸਿਰਫ਼ ਪਰਮਾਤਮਾ ਦਾ ਨਾਮ ਹੀ (ਅਸਲ) ਆਸਰਾ ਹੈ (ਨਾਮ ਦੇ ਆਸਰੇ ਹੀ) ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕੀਦਾ ਹੈ ।੧।

(ਹੇ ਜਿੰਦੇ !) ਦੁਨੀਆ ਦੀ ਪਾਤਿਸ਼ਾਹੀ ਤੇ ਧਨ-ਪਦਾਰਥ ਮਨ ਨੂੰ ਮੋਹੀ ਰੱਖਦੇ ਹਨ, (ਇਸ ਰਾਜ-ਮਾਲ ਨੂੰ ਆਖ਼ਰ) ਕਿਸੇ ਕੰਮ ਆਉਂਦਾ ਨਾਹ ਸਮਝ । ਪਰਮਾਤਮਾ ਦੀ ਸਿਫ਼ਤਿ-ਸਾਲਾਹ ਹੀ ਜਿੰਦ ਦਾ ਅਸਲੀ ਆਸਰਾ ਹੈ, ਇਹੀ ਸਦਾ ਕਾਇਮ ਰਹਿਣ ਵਾਲਾ ਧਨ ਹੈ ।੨।

(ਹੇ ਜਿੰਦੇ !) ਮਾਇਆ ਦੇ ਜਿਤਨੇ ਭੀ ਰੰਗ-ਤਮਾਸ਼ੇ ਹਨ ਉਹ ਸਾਰੇ ਪਰਛਾਵੇਂ ਵਾਂਗ ਢਲ ਜਾਣ ਵਾਲੇ ਹਨ, ਪਰਮਾਤਮਾ ਦਾ ਨਾਮ ਹੀ ਸਾਰੇ ਸੁਖਾਂ ਦਾ ਖ਼ਜ਼ਾਨਾ ਹੈ, ਇਹ ਨਾਮ ਗੁਰੂ ਦੀ ਸਰਨ ਪੈ ਕੇ ਹੀ ਸਲਾਹਿਆ ਜਾ ਸਕਦਾ ਹੈ ।੩।

ਹੇ ਪ੍ਰਭੂ ! ਤੂੰ ਡੂੰਘਾ ਹੈਂ, ਤੂੰ ਵੱਡੇ ਜਿਗਰੇ ਵਾਲਾ ਹੈਂ, ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਤੂੰ ਸਾਰੇ ਗੁਣਾਂ ਦਾ ਖ਼ਜ਼ਾਨਾ ਹੈਂ । ਹੇ ਨਾਨਕ ਦੀ ਜਿੰਦੇ ! ਇਸ ਖਸਮ-ਪ੍ਰਭੂ ਦੀ ਹੀ (ਤੋੜ ਨਿਭਣ ਵਾਲੇ ਸਾਥ ਦੀ) ਆਸ ਰੱਖ, ਖਸਮ-ਪ੍ਰਭੂ ਦਾ ਹੀ ਭਰੋਸਾ ਰੱਖ ।੪।੯।੧੧੧।

ਆਸਾ ਮਹਲਾ ੫ ॥ ਜਿਸੁ ਸਿਮਰਤ ਦੁਖੁ ਜਾਇ ਸਹਜ ਸੁਖੁ ਪਾਈਐ ॥ ਰੈਣਿ ਦਿਨਸੁ ਕਰ ਜੋੜਿ ਹਰਿ ਹਰਿ ਧਿਆਈਐ ॥੧॥ ਨਾਨਕ ਕਾ ਪ੍ਰਭੁ ਸੋਇ ਜਿਸ ਕਾ ਸਭੁ ਕੋਇ ॥ ਸਰਬ ਰਹਿਆ ਭਰਪੂਰਿ ਸਚਾ ਸਚੁ ਸੋਇ ॥੧॥ ਰਹਾਉ ॥ ਅੰਤਰਿ ਬਾਹਰਿ ਸੰਗਿ ਸਹਾਈ ਗਿਆਨ ਜੋਗੁ ॥ ਤਿਸਹਿ ਅਰਾਧਿ ਮਨਾ ਬਿਨਾਸੈ ਸਗਲ ਰੋਗੁ ॥੨॥ ਰਾਖਨਹਾਰੁ ਅਪਾਰੁ ਰਾਖੈ ਅਗਨਿ ਮਾਹਿ ॥ ਸੀਤਲੁ ਹਰਿ ਹਰਿ ਨਾਮੁ ਸਿਮਰਤ ਤਪਤਿ ਜਾਇ ॥੩॥ ਸੁਖ ਸਹਜ ਆਨੰਦ ਘਣਾ ਨਾਨਕ ਜਨ ਧੂਰਾ ॥ ਕਾਰਜ ਸਗਲੇ ਸਿਧਿ ਭਏ ਭੇਟਿਆ ਗੁਰੁ ਪੂਰਾ ॥੪॥੧੦॥੧੧੨॥ {ਪੰਨਾ 398}

ਪਦਅਰਥ:- ਸਹਜ ਸੁਖੁ—ਆਤਮਕ ਅਡੋਲਤਾ ਦਾ ਆਨੰਦ । ਰੈਣਿ—ਰਾਤ । ਕਰ ਜੋੜਿ—(ਦੋਵੇਂ) ਹੱਥ ਜੋੜ ਕੇ ।੧।

ਜਿਸ ਕਾ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਕਾ' ਦੇ ਕਾਰਨ ਉੱਡ ਗਿਆ ਹੈ} । ਸਭੁ ਕੋਇ—ਹਰੇਕ ਜੀਵ । ਸਚਾ—ਸਦਾ ਕਾਇਮ ਰਹਿਣ ਵਾਲਾ ।੧।ਰਹਾਉ।

ਸੰਗਿ—ਨਾਲ । ਸਹਾਈ—ਸਹਾਇਤਾ ਕਰਨ ਵਾਲਾ । ਗਿਆਨ ਜੋਗੁ—ਜਾਣਨਯੋਗ । ਆਰਾਧਿ—ਸਿਮਰ । ਮਨਾ—ਹੇ ਮਨ ! ਸਗਲ—ਸਾਰਾ ।੨।

ਰਾਖਨਹਾਰੁ—ਰੱਖਿਆ ਕਰਨ ਦੀ ਸਮਰਥਾ ਵਾਲਾ । ਮਾਹਿ—ਵਿਚ । ਸੀਤਲੁ—ਠੰਢ ਦੇਣ ਵਾਲਾ ।੩।

ਘਣਾ—ਬਹੁਤ । ਜਨ ਧੂਰਾ—ਪ੍ਰਭੂ ਦੇ ਸੇਵਕਾਂ ਦੀ ਚਰਨ-ਧੂੜ । ਸਿਧਿ—ਸਫਲਤਾ ।੪।

ਅਰਥ:- (ਹੇ ਭਾਈ!) ਨਾਨਕ ਦਾ ਖਸਮ-ਪ੍ਰਭੂ ਉਹ ਹੈ ਜਿਸ ਦਾ ਪੈਦਾ ਕੀਤਾ ਹੋਇਆ ਹਰੇਕ ਜੀਵ ਹੈ । ਉਹ ਪ੍ਰਭੂ ਸਭਨਾਂ ਜੀਵਾਂ ਵਿਚ ਵਿਆਪਕ ਹੈ, ਉਹ ਸਦਾ ਕਾਇਮ ਰਹਿਣ ਵਾਲਾ ਹੈ, ਸਿਰਫ਼ ਉਹੀ ਸਦਾ ਕਾਇਮ ਰਹਿਣ ਵਾਲਾ ਹੈ ।੧।ਰਹਾਉ।

(ਹੇ ਭਾਈ!) ਜਿਸ ਪਰਮਾਤਮਾ ਦਾ ਸਿਮਰਨ ਕੀਤਿਆਂ ਹਰੇਕ ਦੁੱਖ ਦੂਰ ਹੋ ਜਾਂਦਾ ਹੈ ਤੇ ਆਤਮਕ ਅਡੋਲਤਾ ਦਾ ਆਨੰਦ ਮਿਲਦਾ ਹੈ ਉਸ ਅੱਗੇ ਦੋਵੇਂ ਹੱਥ ਜੋੜ ਕੇ ਸਦਾ ਉਸ ਦਾ ਧਿਆਨ ਧਰਨਾ ਚਾਹੀਦਾ ਹੈ ।੧।

ਹੇ ਮੇਰੇ ਮਨ! ਉਸ ਪਰਮਾਤਮਾ ਦੀ ਆਰਾਧਨਾ ਕਰਿਆ ਕਰ ਜੋ ਸਭਨਾਂ ਦੇ ਅੰਦਰ ਵੱਸ ਰਿਹਾ ਹੈ, ਜੋ ਸਾਰੇ ਸੰਸਾਰ ਵਿਚ ਵੱਸ ਰਿਹਾ ਹੈ, ਜੋ ਸਭਨਾਂ ਦੇ ਨਾਲ ਰਹਿੰਦਾ ਹੈ, ਜੋ ਸਭਨਾਂ ਦੀ ਸਹਾਇਤਾ ਕਰਦਾ ਹੈ, ਜਿਸ ਨਾਲ ਡੂੰਘੀ ਜਾਣ-ਪਛਾਣ ਪਾਉਣੀ ਬਹੁਤ ਜ਼ਰੂਰੀ ਹੈ (ਹੇ ਮਨ! ਉਸ ਦਾ ਸਿਮਰਨ ਕੀਤਿਆਂ) ਹਰੇਕ ਰੋਗ ਦਾ ਨਾਸ ਹੋ ਜਾਂਦਾ ਹੈ ।੨।

ਹੇ ਭਾਈ! ਸਭਨਾਂ ਦੀ ਰੱਖਿਆ ਕਰਨ ਦੀ ਸਮਰਥਾ ਵਾਲਾ ਬੇਅੰਤ ਪਰਮਾਤਮਾ (ਮਾਂ ਦੇ ਪੇਟ ਦੀ) ਅੱਗ ਵਿਚ (ਹਰੇਕ ਜੀਵ ਦੀ) ਰੱਖਿਆ ਕਰਦਾ ਹੈ, ਉਸ ਪਰਮਾਤਮਾ ਦਾ ਨਾਮ (ਮਨ ਵਿਚ) ਠੰਢ ਪਾਣ ਵਾਲਾ ਹੈ, ਉਸ ਦਾ ਨਾਮ ਸਿਮਰਿਆਂ (ਮਨ ਵਿਚੋਂ ਤ੍ਰਿਸ਼ਨਾ ਦੀ) ਤਪਸ਼ ਬੁੱਝ ਜਾਂਦੀ ਹੈ ।੩।

ਹੇ ਨਾਨਕ! (ਆਖ—) ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ, ਜੋ ਮਨੁੱਖ ਸੰਤ ਜਨਾਂ ਦੇ ਚਰਨਾਂ ਦੀ ਧੂੜ ਵਿਚ ਟਿਕਿਆ ਰਹਿੰਦਾ ਹੈ ਉਸ ਨੂੰ ਆਤਮਕ ਅਡੋਲਤਾ ਦੇ ਬਹੁਤ ਸੁਖ-ਆਨੰਦ ਪ੍ਰਾਪਤ ਹੋਏ ਰਹਿੰਦੇ ਹਨ, ਉਸ ਨੂੰ ਸਾਰੇ ਕੰਮਾਂ-ਕਾਜਾਂ ਵਿਚ ਸਫਲਤਾ ਹੁੰਦੀ ਹੈ ।੪।੧੦।੧੧੨।

ਆਸਾ ਮਹਲਾ ੫ ॥ ਗੋਬਿੰਦੁ ਗੁਣੀ ਨਿਧਾਨੁ ਗੁਰਮੁਖਿ ਜਾਣੀਐ ॥ ਹੋਇ ਕ੍ਰਿਪਾਲੁ ਦਇਆਲੁ ਹਰਿ ਰੰਗੁ ਮਾਣੀਐ ॥੧॥ ਆਵਹੁ ਸੰਤ ਮਿਲਾਹ ਹਰਿ ਕਥਾ ਕਹਾਣੀਆ ॥ ਅਨਦਿਨੁ ਸਿਮਰਹ ਨਾਮੁ ਤਜਿ ਲਾਜ ਲੋਕਾਣੀਆ ॥੧॥ ਰਹਾਉ ॥ ਜਪਿ ਜਪਿ ਜੀਵਾ ਨਾਮੁ ਹੋਵੈ ਅਨਦੁ ਘਣਾ ॥ ਮਿਥਿਆ ਮੋਹੁ ਸੰਸਾਰੁ ਝੂਠਾ ਵਿਣਸਣਾ ॥੨॥ ਚਰਣ ਕਮਲ ਸੰਗਿ ਨੇਹੁ ਕਿਨੈ ਵਿਰਲੈ ਲਾਇਆ ॥ ਧੰਨੁ ਸੁਹਾਵਾ ਮੁਖੁ ਜਿਨਿ ਹਰਿ ਧਿਆਇਆ ॥੩॥ ਜਨਮ ਮਰਣ ਦੁਖ ਕਾਲ ਸਿਮਰਤ ਮਿਟਿ ਜਾਵਈ ॥ ਨਾਨਕ ਕੈ ਸੁਖੁ ਸੋਇ ਜੋ ਪ੍ਰਭ ਭਾਵਈ ॥੪॥੧੧॥੧੧੩॥ {ਪੰਨਾ 399}

ਪਦਅਰਥ:- ਗੁਣੀ ਨਿਧਾਨੁ—ਗੁਣਾਂ ਦਾ ਖ਼ਜ਼ਾਨਾ । ਗੁਰਮੁਖਿ—ਗੁਰੂ ਦੀ ਰਾਹੀਂ । ਜਾਣੀਐ—ਜਾਣਿਆ ਜਾਂਦਾ ਹੈ, ਡੂੰਘੀ ਸਾਂਝ ਪੈਂਦੀ ਹੈ । ਹਰਿ ਰੰਗੁ—ਹਰੀ ਦਾ ਪ੍ਰੇਮ ।੧।

ਮਿਲਾਹ—ਮਿਲਹ, ਅਸੀ ਮਿਲੀਏ । ਅਨਦਿਨੁ—ਹਰ ਰੋਜ਼ । ਸਿਮਰਹ—ਅਸੀ ਸਿਮਰੀਏ । ਤਜਿ—ਤਿਆਗ ਕੇ । ਲੋਕ—ਜਗਤ । ਲੋਕਾਈ—ਜਗਤ ਦੀ ।੧।ਰਹਾਉ।

ਜੀਵਾ—ਜੀਵਾਂ, ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ, ਮੇਰੀ ਜ਼ਿੰਦਗੀ ਨੂੰ ਸਹਾਰਾ ਮਿਲਦਾ ਹੈ । ਘਣਾ—ਬਹੁਤ । ਮਿਥਿਆ—ਝੂਠਾ, ਵਿਅਰਥ । ਝੂਠਾ—ਸਦਾ ਕਾਇਮ ਨ ਰਹਿਣ ਵਾਲਾ ।੨।

ਸੰਗਿ—ਨਾਲ । ਨੇਹੁ—ਪਿਆਰ । ਕਿਨੈ ਵਿਰਲੈ—ਕਿਸੇ ਵਿਰਲੇ ਮਨੁੱਖ ਨੇ । ਸੁਹਾਵਾ—ਸੋਹਣਾ । ਜਿਨਿ—ਜਿਸ ਨੇ ।੩।

ਕਾਲ—ਮੌਤ, ਆਤਮਕ ਮੌਤ । ਜਾਵਈ—ਜਾਵਏ, ਜਾਵੈ, ਜਾਂਦਾ ਹੈ । ਭਾਵਈ—ਭਾਵਏ, ਭਾਵੈ ।੪।

ਅਰਥ:- ਹੇ ਸੰਤ ਜਨੋ! ਆਓ, ਅਸੀਂ ਇਕੱਠੇ ਬੈਠੀਏ ਤੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਕਰੀਏ, ਲੋਕ-ਲਾਜ ਛੱਡ ਕੇ ਹਰ ਵੇਲੇ ਉਸ ਦਾ ਨਾਮ ਸਿਮਰਦੇ ਰਹੀਏ ।੧।ਰਹਾਉ।

(ਹੇ ਸੰਤ ਜਨੋ!) ਪਰਮਾਤਮਾ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ, ਗੁਰੂ ਦੀ ਸਰਨ ਪੈ ਕੇ ਹੀ ਉਸ ਨਾਲ ਡੂੰਘੀ ਸਾਂਝ ਪਾਈ ਜਾ ਸਕਦੀ ਹੈ, ਜੇ ਉਹ ਪ੍ਰਭੂ ਦਇਆਵਾਨ ਹੋਵੇ ਤ੍ਰੁੱਠ ਪਏ ਤਾਂ ਉਸ ਦਾ ਪ੍ਰੇਮ (-ਆਨੰਦ) ਮਾਣਿਆ ਜਾ ਸਕਦਾ ਹੈ ।੧।

(ਹੇ ਸੰਤ ਜਨੋ!) ਮੈਂ ਤਾਂ ਜਿਉਂ ਜਿਉਂ (ਪਰਮਾਤਮਾ ਦਾ) ਨਾਮ ਜਪਦਾ ਹਾਂ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ ਮੇਰੇ ਅੰਦਰ ਬੜਾ ਆਨੰਦ ਪੈਦਾ ਹੁੰਦਾ ਹੈ (ਉਸ ਵੇਲੇ ਮੈਨੂੰ ਪ੍ਰਤੱਖ ਅਨੁਭਵ ਹੁੰਦਾ ਹੈ ਕਿ) ਸੰਸਾਰ (ਦਾ ਮੋਹ) ਵਿਅਰਥ ਮੋਹ ਹੈ, ਸੰਸਾਰ ਸਦਾ ਕਾਇਮ ਰਹਿਣ ਵਾਲਾ ਨਹੀਂ, ਸੰਸਾਰ ਤਾਂ ਨਾਸ ਹੋ ਜਾਣ ਵਾਲਾ ਹੈ (ਇਸ ਦੇ ਮੋਹ ਵਿਚੋਂ ਸੁਖ-ਆਨੰਦ ਕਿਵੇਂ ਮਿਲੇ?) ।੨।

(ਪਰ, ਹੇ ਸੰਤ ਜਨੋ!) ਕਿਸੇ ਵਿਰਲੇ (ਭਾਗਾਂ ਵਾਲੇ) ਮਨੁੱਖ ਨੇ ਪਰਮਾਤਮਾ ਦੇ ਸੋਹਣੇ ਕੋਮਲ ਚਰਨਾਂ ਨਾਲ ਪਿਆਰ ਪਾਇਆ ਹੈ ਜਿਸ ਨੇ (ਇਹ ਪਿਆਰ ਪਾਇਆ ਹੈ) ਪਰਮਾਤਮਾ ਦਾ ਨਾਮ ਸਿਮਰਿਆ ਹੈ ਉਸ ਦਾ ਮੂੰਹ ਭਾਗਾਂ ਵਾਲਾ ਹੈ ਉਸ ਦਾ ਮੂੰਹ ਸੋਹਣਾ ਲੱਗਦਾ ਹੈ ।੩।

(ਹੇ ਸੰਤ ਜਨੋ!) ਪਰਮਾਤਮਾ ਦਾ ਨਾਮ ਸਿਮਰਿਆਂ ਜਨਮ ਮਰਨ (ਦੇ ਗੇੜ) ਦਾ ਦੁੱਖ ਮਿਟ ਜਾਂਦਾ ਹੈ । (ਹੇ ਸੰਤ ਜਨੋ!) ਜੋ ਕੁਝ ਪ੍ਰਭੂ ਨੂੰ ਚੰਗਾ ਲੱਗਦਾ ਹੈ (ਉਹੀ ਚੰਗਾ ਹੈ ਇਹ ਨਿਸ਼ਚਾ ਜੋ ਸਿਮਰਨ ਦੀ ਬਰਕਤਿ ਨਾਲ ਪੈਦਾ ਹੁੰਦਾ ਹੈ) ਨਾਨਕ ਦੇ ਹਿਰਦੇ ਵਿਚ ਆਨੰਦ (ਪੈਦਾ ਕਰੀ ਰੱਖਦਾ ਹੈ) ।੪।੧੧।੧੧੩।

ਆਸਾ ਮਹਲਾ ੫ ॥ ਆਵਹੁ ਮੀਤ ਇਕਤ੍ਰ ਹੋਇ ਰਸ ਕਸ ਸਭਿ ਭੁੰਚਹ ॥ ਅੰਮ੍ਰਿਤ ਨਾਮੁ ਹਰਿ ਹਰਿ ਜਪਹ ਮਿਲਿ ਪਾਪਾ ਮੁੰਚਹ ॥੧॥ ਤਤੁ ਵੀਚਾਰਹੁ ਸੰਤ ਜਨਹੁ ਤਾ ਤੇ ਬਿਘਨੁ ਨ ਲਾਗੈ ॥ ਖੀਨ ਭਏ ਸਭਿ ਤਸਕਰਾ ਗੁਰਮੁਖਿ ਜਨੁ ਜਾਗੈ ॥੧॥ ਰਹਾਉ ॥ ਬੁਧਿ ਗਰੀਬੀ ਖਰਚੁ ਲੈਹੁ ਹਉਮੈ ਬਿਖੁ ਜਾਰਹੁ ॥ ਸਾਚਾ ਹਟੁ ਪੂਰਾ ਸਉਦਾ ਵਖਰੁ ਨਾਮੁ ਵਾਪਾਰਹੁ ॥੨॥ ਜੀਉ ਪਿੰਡੁ ਧਨੁ ਅਰਪਿਆ ਸੇਈ ਪਤਿਵੰਤੇ ॥ ਆਪਨੜੇ ਪ੍ਰਭ ਭਾਣਿਆ ਨਿਤ ਕੇਲ ਕਰੰਤੇ ॥੩॥ ਦੁਰਮਤਿ ਮਦੁ ਜੋ ਪੀਵਤੇ ਬਿਖਲੀ ਪਤਿ ਕਮਲੀ ॥ ਰਾਮ ਰਸਾਇਣਿ ਜੋ ਰਤੇ ਨਾਨਕ ਸਚ ਅਮਲੀ ॥੪॥੧੨॥੧੧੪॥ {ਪੰਨਾ 399}

ਪਦਅਰਥ:- ਮੀਤ—ਹੇ ਮਿੱਤਰ! ਇਕਤ੍ਰ ਹੋਇ—ਇਕੱਠੇ ਹੋ ਕੇ, ਮਿਲ ਕੇ । ਰਸ ਕਸ—ਹਰੇਕ ਕਿਸਮ ਦੇ ਸੁਆਦਲੇ ਪਦਾਰਥ । ਸਭਿ—ਸਾਰੇ । ਭੁੰਚਹ—ਅਸੀ ਖਾਈਏ (ਸੁਆਦ ਨਾਲ) । ਜਪਹ—ਅਸੀ ਜਪੀਏ । ਮਿਲਿ—ਮਿਲ ਕੇ । ਮੁੰਚਹ—ਦੂਰ ਕਰ ਲਈਏ ।੧।

ਤਤੁ—ਅਸਲੀਅਤ, ਮਨੁੱਖਾ ਜਨਮ ਦਾ ਅਸਲ ਮਨੋਰਥ । ਤਾ ਤੇ—ਇਸ (ਉੱਦਮ) ਤੋਂ । ਖੀਨ—ਕਮਜ਼ੋਰ । ਤਸਕਰਾ—ਚੋਰ । ਜਾਗੈ—ਸੁਚੇਤ ਰਹਿੰਦਾ ਹੈ ।੧।ਰਹਾਉ।

ਗਰੀਬੀ—ਨਿਮ੍ਰਤਾ । ਲੈਹੁ—ਪੱਲੇ ਬੰਨ੍ਹੋ । ਬਿਖੁ—ਜ਼ਹਰ (ਆਤਮਕ ਜੀਵਨ ਨੂੰ ਮਾਰ ਮੁਕਾਣ ਵਾਲੀ) । ਜਾਰਹੁ—ਸਾੜ ਦਿਉ । ਸਾਚਾ—ਸਦਾ ਕਾਇਮ ਰਹਿਣ ਵਾਲਾ । ਹਟੁ—ਵੱਡੀ ਦੁਕਾਨ । ਵਾਪਾਰਹੁ—ਖ਼ਰੀਦੋ

।੨।

ਜੀਉ—ਜਿੰਦ । ਪਿੰਡੁ—ਸਰੀਰ । ਅਰਪਿਆ—ਭੇਟਾ ਕਰ ਦਿੱਤਾ । ਪਤਿ—ਇੱਜ਼ਤ । ਪ੍ਰਭੂ ਭਾਨਿਆ—ਪ੍ਰਭੂ ਨੂੰ ਚੰਗੇ ਲੱਗਦੇ ਹਨ । ਕੇਲ—ਆਨੰਦ ।੩।

ਦੁਰਮਤਿ—ਖੋਟੀ ਅਕਲ । ਮਦੁ—ਸ਼ਰਾਬ । ਬਿਖਲੀ—{V–।।} ਸ਼ੂਦਰਾਣੀ, ਵਿਭਚਾਰਨ । ਬਿਖਲੀ ਪਤਿ—ਦੁਰਾਚਾਰੀ ਮਨੁੱਖ । ਰਸਾਇਣਿ—ਰਸਾਇਣ ਵਿਚ । ਰਸਾਇਣ—{ਰਸ-ਅਯਨ} ਸਾਰੇ ਰਸਾਂ ਦਾ ਘਰ, ਸਭ ਤੋਂ ਸ੍ਰੇਸ਼ਟ ਰਸ । ਰਤੇ—ਮਸਤ । ਸਚ—ਸਦਾ ਥਿਰ-ਰਹਿਣ ਵਾਲਾ ਪਰਮਾਤਮਾ । ਅਮਲੀ—ਜਿਸ ਨੂੰ ਅਮਲ ਲੱਗਾ ਹੋਇਆ ਹੋਵੇ, ਜੋ ਅਮਲ ਤੋਂ ਬਿਨਾ ਰਹਿ ਨਾ ਸਕੇ । ਅਮਲ—ਨਸ਼ਾ ।੪।

ਅਰਥ:- ਹੇ ਸੰਤ ਜਨੋ! ਇਹ ਸੋਚਿਆ ਕਰੋ ਕਿ ਮਨੁੱਖਾ ਜੀਵਨ ਦਾ ਅਸਲ ਮਨੋਰਥ ਕੀਹ ਹੈ, ਇਸ ਉੱਦਮ ਨਾਲ (ਜੀਵਨ-ਸਫ਼ਰ ਵਿਚ) ਕੋਈ ਰੁਕਾਵਟ ਨਹੀਂ ਪੈਂਦੀ, ਕਾਮਾਦਿਕ ਸਾਰੇ ਚੋਰ ਨਾਸ ਹੋ ਜਾਂਦੇ ਹਨ (ਕਿਉਂਕਿ) ਗੁਰੂ ਦੀ ਸਰਨ ਪਿਆਂ ਮਨੁੱਖ (ਇਹਨਾਂ ਚੋਰਾਂ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦਾ ਹੈ ।੧।ਰਹਾਉ।

ਹੇ ਮਿੱਤਰੋ! ਆਓ, ਰਲ ਕੇ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਜਪੀਏ (ਤੇ ਨਾਮ ਦੀ ਬਰਕਤਿ ਨਾਲ ਆਪਣੇ ਸਾਰੇ) ਪਾਪ ਨਾਸ ਕਰ ਲਈਏ—ਇਹੀ ਹਨ, ਮਾਨੋ, ਸਾਰੇ ਸੁਆਦਲੇ ਪਦਾਰਥ, ਆਓ, ਇਹ ਸਾਰੇ ਸੁਆਦਲੇ ਪਦਾਰਥ ਖਾਈਏ ।੧।

ਹੇ ਸੰਤ ਜਨੋ! ਨਿਮ੍ਰਤਾ ਵਾਲੀ ਬੁੱਧੀ ਧਾਰਨ ਕਰੋ—ਇਹ ਜੀਵਨ-ਸਫ਼ਰ ਦਾ ਖ਼ਰਚ ਪੱਲੇ ਬੰਨ੍ਹੋ । (ਨਾਮ ਦੀ ਬਰਕਤਿ ਨਾਲ ਆਪਣੇ ਅੰਦਰੋਂ) ਹਉਮੈ ਨੂੰ ਸਾੜ ਦਿਉ (ਜੋ ਆਤਮਕ ਜੀਵਨ ਨੂੰ ਮਾਰ ਮੁਕਾਣ ਵਾਲੀ) ਜ਼ਹਰ (ਹੈ) । (ਹੇ ਸੰਤ ਜਨੋ! ਹਰਿ-ਨਾਮ ਗੁਰੂ ਪਾਸੋਂ ਮਿਲਦਾ ਹੈ, ਗੁਰੂ ਦਾ ਘਰ ਹੀ) ਸਦਾ ਕਾਇਮ ਰਹਿਣ ਵਾਲਾ ਹੱਟ ਹੈ (ਗੁਰੂ-ਦਰ ਤੋਂ ਹੀ ਹਰਿ-ਨਾਮ ਦਾ) ਪੂਰਾ ਸੌਦਾ ਮਿਲਦਾ ਹੈ (ਗੁਰੂ-ਦਰ ਤੋਂ) ਨਾਮ-ਸੌਦਾ ਖ਼ਰੀਦੋ ।੨।

(ਹੇ ਸੰਤ ਜਨੋ! ਜਿਨ੍ਹਾਂ ਮਨੁੱਖਾਂ ਨੇ ਹਰਿ-ਨਾਮ ਧਨ ਖ਼ਰੀਦਣ ਵਾਸਤੇ) ਆਪਣੀ ਜਿੰਦ ਆਪਣਾ ਸਰੀਰ ਆਪਣਾ ਦੁਨਿਆਵੀ ਧਨ ਭੇਟਾ ਕਰ ਦਿੱਤਾ ਉਹ ਮਨੁੱਖ (ਲੋਕ ਪਰਲੋਕ ਵਿਚ) ਇੱਜ਼ਤ ਵਾਲੇ ਬਣ ਗਏ, ਉਹ ਆਪਣੇ ਪਰਮਾਤਮਾ ਨੂੰ ਪਿਆਰੇ ਲੱਗਣ ਲੱਗ ਪਏ, ਉਹ ਸਦਾ ਆਤਮਕ ਆਨੰਦ ਮਾਣਨ ਲੱਗ ਪਏ ।੩।

(ਹੇ ਸੰਤ ਜਨੋ!) ਖੋਟੀ ਮਤਿ (ਮਾਨੋ) ਸ਼ਰਾਬ ਹੈ ਜੋ ਮਨੁੱਖ ਇਹ ਸ਼ਰਾਬ ਪੀਣ ਲੱਗ ਪੈਂਦੇ ਹਨ (ਜੋ ਗੁਰੂ ਦਾ ਆਸਰਾ ਛੱਡ ਕੇ ਖੋਟੀ ਮਤਿ ਦੇ ਪਿੱਛੇ ਤੁਰਨ ਲੱਗ ਪੈਂਦੇ ਹਨ) ਉਹ ਦੁਰਾਚਾਰੀ ਹੋ ਜਾਂਦੇ ਹਨ ਉਹ (ਵਿਕਾਰਾਂ ਵਿਚ) ਝੱਲੇ ਹੋ ਜਾਂਦੇ ਹਨ । ਪਰ, ਹੇ ਨਾਨਕ! ਜੇਹੜੇ ਮਨੁੱਖ ਪਰਮਾਤਮਾ ਦੇ ਨਾਮ ਦੇ ਸ੍ਰੇਸ਼ਟ ਰਸ ਵਿਚ ਮਸਤ ਰਹਿੰਦੇ ਹਨ ਉਹਨਾਂ ਨੂੰ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਨਾਮ ਦਾ ਅਮਲ ਲੱਗ ਜਾਂਦਾ ਹੈ ।੪।੧੨।੧੧੪।

ਆਸਾ ਮਹਲਾ ੫ ॥ ਉਦਮੁ ਕੀਆ ਕਰਾਇਆ ਆਰੰਭੁ ਰਚਾਇਆ ॥ ਨਾਮੁ ਜਪੇ ਜਪਿ ਜੀਵਣਾ ਗੁਰਿ ਮੰਤ੍ਰੁ ਦ੍ਰਿੜਾਇਆ ॥੧॥ ਪਾਇ ਪਰਹ ਸਤਿਗੁਰੂ ਕੈ ਜਿਨਿ ਭਰਮੁ ਬਿਦਾਰਿਆ ॥ ਕਰਿ ਕਿਰਪਾ ਪ੍ਰਭਿ ਆਪਣੀ ਸਚੁ ਸਾਜਿ ਸਵਾਰਿਆ ॥੧॥ ਰਹਾਉ ॥ ਕਰੁ ਗਹਿ ਲੀਨੇ ਆਪਣੇ ਸਚੁ ਹੁਕਮਿ ਰਜਾਈ ॥ ਜੋ ਪ੍ਰਭਿ ਦਿਤੀ ਦਾਤਿ ਸਾ ਪੂਰਨ ਵਡਿਆਈ ॥੨॥ ਸਦਾ ਸਦਾ ਗੁਣ ਗਾਈਅਹਿ ਜਪਿ ਨਾਮੁ ਮੁਰਾਰੀ ॥ ਨੇਮੁ ਨਿਬਾਹਿਓ ਸਤਿਗੁਰੂ ਪ੍ਰਭਿ ਕਿਰਪਾ ਧਾਰੀ ॥੩॥ ਨਾਮੁ ਧਨੁ

ਗੁਣ ਗਾਉ ਲਾਭੁ ਪੂਰੈ ਗੁਰਿ ਦਿਤਾ ॥ ਵਣਜਾਰੇ ਸੰਤ ਨਾਨਕਾ ਪ੍ਰਭੁ ਸਾਹੁ ਅਮਿਤਾ ॥੪॥੧੩॥੧੧੫॥ {ਪੰਨਾ 399}

ਪਦਅਰਥ:- ਕਰਾਇਆ—(ਜਿਵੇਂ ਗੁਰੂ ਨੇ ਉੱਦਮ) ਕਰਨ ਲਈ ਪ੍ਰੇਰਨਾ ਕੀਤੀ ਹੈ । ਆਰੰਭੁ—(ਨਾਮ ਜਪਣ ਦੇ ਉੱਦਮ ਦਾ) ਮੁੱਢ । ਜਪੇ ਜਪਿ—ਜਪਿ ਜਪਿ, ਜਪ ਜਪ ਕੇ । ਜੀਵਣਾ—ਆਤਮਕ ਜੀਵਨ ਮਿਲ ਗਿਆ ਹੈ । ਗੁਰਿ—ਗੁਰੂ ਨੇ । ਦ੍ਰਿੜਾਇਆ—ਪੱਕਾ ਕਰ ਦਿੱਤਾ ਹੈ ।੧।

ਪਾਇ—ਪੈਰੀਂ । ਪਰਹ—ਆਓ, ਪਈਏ । ਕੈ ਪਾਇ—ਦੇ ਪੈਰਾਂ ਉਤੇ । ਜਿਨਿ—ਜਿਸ (ਗੁਰੂ) ਨੇ । ਬਿਦਾਰਿਆ—ਨਾਸ ਕਰ ਦਿੱਤਾ ਹੈ । ਕਰਿ—ਕਰ ਕੇ । ਪ੍ਰਭਿ—ਪ੍ਰਭੂ ਨੇ । ਸਚੁ ਸਾਜਿ—ਸਦਾ-ਥਿਰ ਨਾਮ (ਜਪਣ ਦਾ ਰਸਤਾ) ਚਲਾ ਕੇ । ਸਵਾਰਿਆ—ਸਵਾਰ ਦਿੱਤਾ ਹੈ, ਜੀਵਨ ਸੋਹਣਾ ਬਣਾ ਦਿੱਤਾ ਹੈ ।੧।ਰਹਾਉ।

ਕਰੁ—ਹੱਥ {ਇਕ-ਵਚਨ} । ਗਹਿ—ਫੜ ਕੇ । ਸਚੁ—ਸਦਾ-ਥਿਰ ਰਹਿਣ ਵਾਲਾ । ਹੁਕਮਿ—ਹੁਕਮ ਅਨੁਸਾਰ । ਰਜਾਈ—ਰਜ਼ਾ ਦਾ ਮਾਲਕ । ਪ੍ਰਭਿ—ਪ੍ਰਭੂ ਨੇ ।੨।

ਗਾਈਅਹਿ—ਗਾਏ ਜਾ ਰਹੇ ਹਨ । ਮੁਰਾਰੀ—{ਮੁਰਾ-ਅਰਿ—ਮੁਰਦੈਂਤ ਦਾ ਵੈਰੀ} ਪਰਮਾਤਮਾ । ਨੇਮ—ਰੋਜ਼ ਦੀ ਮਰਯਾਦਾ । ਜਪਿ—ਜਪੀਂ, ਮੈਂ ਜਪਦਾ ਹਾਂ ।੪।

ਗਾਉ—ਮੈਂ ਗਾਂਦਾ ਹਾਂ । ਗੁਰਿ—ਗੁਰੂ ਨੇ । ਵਣਜਾਰੇ—ਵਣਜ ਕਰਨ ਵਾਲੇ । ਅਮਿਤਾ—ਬੇਅੰਤ, ਜਿਸ ਦੀ ਮਿਤ ਨਾਹ ਪਾਈ ਜਾ ਸਕੇ, ਜਿਸ ਦੀ ਹਸਤੀ ਦਾ ਮਾਪ ਨਾਹ ਕੀਤਾ ਜਾ ਸਕੇ ।੪।

ਅਰਥ:- (ਹੇ ਭਾਈ! ਆਓ) ਉਸ ਗੁਰੂ ਦੇ ਚਰਨਾਂ ਉਤੇ ਢਹਿ ਪਈਏ ਜਿਸ ਨੇ ਸਾਡੇ ਮਨ ਦੀ ਭਟਕਣਾ ਨਾਸ ਕਰ ਦਿੱਤੀ ਹੈ । (ਗੁਰੂ ਦੀ ਬਰਕਤਿ ਨਾਲ ਹੀ) ਪਰਮਾਤਮਾ ਨੇ ਆਪਣੀ ਕਿਰਪਾ ਕਰ ਕੇ (ਆਪਣਾ) ਸਦਾ-ਥਿਰ ਨਾਮ (ਜਪਣ ਦਾ ਰਸਤਾ) ਚਲਾ ਕੇ ਸਾਡਾ ਜੀਵਨ ਸੋਹਣਾ ਬਣਾ ਦਿੱਤਾ ਹੈ ।੧।ਰਹਾਉ।

(ਹੇ ਭਾਈ!) ਜਿਵੇਂ ਗੁਰੂ ਨੇ ਉੱਦਮ ਕਰਨ ਲਈ ਪ੍ਰੇਰਨਾ ਕੀਤੀ ਹੈ ਤਿਵੇਂ ਹੀ ਮੈਂ ਉੱਦਮ ਕੀਤਾ ਹੈ ਤੇ ਪਰਮਾਤਮਾ ਦਾ ਨਾਮ ਜਪਣ ਦੇ ਉੱਦਮ ਦਾ ਮੁੱਢ ਮੈਂ ਬੰਨ੍ਹ ਦਿੱਤਾ ਹੈ । ਗੁਰੂ ਨੇ ਮੇਰੇ ਹਿਰਦੇ ਵਿਚ ਨਾਮ-ਮੰਤ੍ਰ ਪੱਕਾ ਕਰ ਕੇ ਟਿਕਾ ਦਿੱਤਾ ਹੈ, ਹੁਣ ਨਾਮ ਜਪ ਜਪ ਕੇ ਮੈਨੂੰ ਆਤਮਕ ਜੀਵਨ ਮਿਲ ਗਿਆ ਹੈ ।੧।

(ਹੇ ਭਾਈ!) ਉਹ ਰਜ਼ਾ ਦਾ ਮਾਲਕ ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ ਉਸ ਨੇ ਆਪਣੇ ਹੁਕਮ ਵਿਚ ਹੀ ਮੇਰਾ ਹੱਥ ਫੜ ਕੇ ਮੈਨੂੰ ਆਪਣੇ ਚਰਨਾਂ ਵਿਚ ਲੀਨ ਕਰ ਲਿਆ ਹੈ । (ਆਪਣੇ ਨਾਮ ਦੀ) ਜੇਹੜੀ ਦਾਤਿ ਮੈਨੂੰ ਦਿੱਤੀ ਹੈ ਉਹੀ ਮੇਰੇ ਵਾਸਤੇ ਸਭ ਤੋਂ ਵੱਡਾ ਆਦਰ-ਮਾਣ ਹੈ ।੨।

(ਹੇ ਭਾਈ! ਹੁਣ ਮੇਰੇ ਹਿਰਦੇ ਵਿਚ) ਸਦਾ ਹੀ ਪਰਮਾਤਮਾ ਦੇ ਗੁਣ ਗਾਏ ਜਾ ਰਹੇ ਹਨ, ਮੈਂ ਸਦਾ ਪਰਮਾਤਮਾ ਦਾ ਨਾਮ ਜਪਦਾ ਰਹਿੰਦਾ ਹਾਂ । ਪ੍ਰਭੂ ਨੇ ਮੇਹਰ ਕੀਤੀ ਹੈ । ਗੁਰੂ ਮੇਰਾ (ਨਾਮ ਜਪਣ ਦਾ) ਨੇਮ ਤੋੜ ਚਾੜ੍ਹ ਰਿਹਾ ਹੈ ।੩।

(ਹੇ ਭਾਈ! ਹੁਣ) ਪਰਮਾਤਮਾ ਦਾ ਨਾਮ ਹੀ (ਮੇਰਾ) ਧਨ ਹੈ, ਮੈਂ ਸਦਾ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹਾਂ ਪੂਰੇ ਗੁਰੂ ਨੇ ਮੈਨੂੰ (ਮਨੁੱਖਾ ਜਨਮ ਵਿਚ ਕੀਤੇ ਜਾਣ ਵਾਲੇ ਵਣਜ ਦਾ ਇਹ) ਲਾਭ ਦਿੱਤਾ ਹੈ ।

ਹੇ ਨਾਨਕ! (ਆਖ—ਹੇ ਭਾਈ! ਨਾਮ-ਰਾਸਿ ਦਾ) ਸਾਹੂਕਾਰ ਪਰਮਾਤਮਾ ਬੇਅੰਤ ਤਾਕਤ ਦਾ ਮਾਲਕ ਹੈ ਉਸ ਦੇ ਸੰਤ-ਜਨ (ਉਸ ਦੀ ਮੇਹਰ ਨਾਲ ਹੀ ਉਸ ਦੇ ਨਾਮ ਦੇ) ਵਣਜਾਰੇ ਹਨ (ਮਨੁੱਖਾ ਜਨਮ ਦਾ ਲਾਭ ਹਾਸਲ ਕਰਨ ਲਈ ਸੰਤ ਜਨਾਂ ਦੀ ਸਰਨ ਪੈਣਾ ਚਾਹੀਦਾ ਹੈ) ।੪।੧੩।੧੧੫।

ਆਸਾ ਮਹਲਾ ੫ ॥ ਜਾ ਕਾ ਠਾਕੁਰੁ ਤੁਹੀ ਪ੍ਰਭ ਤਾ ਕੇ ਵਡਭਾਗਾ ॥ ਓਹੁ ਸੁਹੇਲਾ ਸਦ ਸੁਖੀ ਸਭੁ ਭ੍ਰਮੁ ਭਉ ਭਾਗਾ ॥੧॥ ਹਮ ਚਾਕਰ ਗੋਬਿੰਦ ਕੇ ਠਾਕੁਰੁ ਮੇਰਾ ਭਾਰਾ ॥ ਕਰਨ ਕਰਾਵਨ ਸਗਲ ਬਿਧਿ ਸੋ ਸਤਿਗੁਰੂ ਹਮਾਰਾ ॥੧॥ ਰਹਾਉ ॥ ਦੂਜਾ ਨਾਹੀ ਅਉਰੁ ਕੋ ਤਾ ਕਾ ਭਉ ਕਰੀਐ ॥ ਗੁਰ ਸੇਵਾ ਮਹਲੁ ਪਾਈਐ ਜਗੁ ਦੁਤਰੁ ਤਰੀਐ ॥੨॥ ਦ੍ਰਿਸਟਿ ਤੇਰੀ ਸੁਖੁ ਪਾਈਐ ਮਨ ਮਾਹਿ ਨਿਧਾਨਾ ॥ ਜਾ ਕਉ ਤੁਮ ਕਿਰਪਾਲ ਭਏ ਸੇਵਕ ਸੇ ਪਰਵਾਨਾ ॥੩॥ ਅੰਮ੍ਰਿਤ ਰਸੁ ਹਰਿ ਕੀਰਤਨੋ ਕੋ ਵਿਰਲਾ ਪੀਵੈ ॥ ਵਜਹੁ ਨਾਨਕ ਮਿਲੈ ਏਕੁ ਨਾਮੁ ਰਿਦ ਜਪਿ ਜਪਿ ਜੀਵੈ ॥੪॥੧੪॥੧੧੬॥ {ਪੰਨਾ 399-400}

ਪਦਅਰਥ:- ਜਾ ਕਾ—ਜਿਸ ਮਨੁੱਖ ਦਾ । ਠਾਕੁਰੁ—ਮਾਲਕ । ਪ੍ਰਭ—ਹੇ ਪ੍ਰਭੂ! ਸੁਹੇਲਾ—ਸੌਖਾ । ਸਦ—ਸਦਾ । ਭ੍ਰਮੁ—ਭਟਕਣਾ ।੧।

ਚਾਕਰ—ਸੇਵਕ, ਨੌਕਰ । ਭਾਰਾ—ਵੱਡੇ ਜਿਗਰੇ ਵਾਲਾ । ਸਗਲ ਬਿਧਿ—ਸਾਰੇ ਤਰੀਕਿਆਂ ਨਾਲ ।੧।ਰਹਾਉ।

ਕੋ—ਕੋਈ । ਅਉਰੁ—ਹੋਰ । ਤਾ ਕਾ—ਉਸ ਦਾ । ਮਹਲੁ—ਪ੍ਰਭੂ ਦਾ ਟਿਕਾਣਾ । ਦੁਤਰੁ—ਜਿਸ ਤੋਂ ਪਾਰ ਲੰਘਣਾ ਬਹੁਤ ਔਖਾ ਹੈ । ਤਰੀਐ—ਤਰਿਆ ਜਾ ਸਕਦਾ ਹੈ ।੨।

ਦ੍ਰਿਸਟਿ—ਨਜ਼ਰ, ਨਿਗਾਹ । ਨਿਧਾਨਾ—ਖ਼ਜ਼ਾਨਾ । ਜਾ ਕਉ—ਜਿਨ੍ਹਾਂ ਉਤੇ । ਪਰਵਾਨਾ—ਕਬੂਲ ।੩।

ਕੀਰਤਨੋ—ਕੀਰਤਨੁ, ਸਿਫ਼ਤਿ-ਸਾਲਾਹ । ਅੰਮ੍ਰਿਤ ਰਸੁ—ਆਤਮਕ ਜੀਵਨ ਦੇਣ ਵਾਲਾ ਜਲ । ਵਜਹੁ—ਵਜ਼ੀਫ਼ਾ, ਤਨਖ਼ਾਹ ।੪।

ਅਰਥ:- (ਹੇ ਭਾਈ!) ਮੈਂ ਉਸ ਗੋਬਿੰਦ ਦਾ ਸੇਵਕ ਹਾਂ ਮੇਰਾ ਉਹ ਮਾਲਕ ਹੈ ਜੋ ਸਭ ਤੋਂ ਵੱਡਾ ਹੈ ਜੋ (ਸਭ ਜੀਵਾਂ ਵਿਚ ਵਿਆਪਕ ਹੋ ਕੇ ਆਪ ਹੀ) ਸਾਰੇ ਤਰੀਕਿਆਂ ਨਾਲ (ਸਭ ਕੁਝ) ਕਰਨ ਵਾਲਾ ਹੈ ਤੇ (ਜੀਵਾਂ ਪਾਸੋਂ) ਕਰਾਣ ਵਾਲਾ ਹੈ, ਉਹੀ ਮੇਰਾ ਗੁਰੂ ਹੈ (ਮੈਨੂੰ ਜੀਵਨ-ਰਾਹ ਦਾ ਚਾਨਣ ਦੇਣ ਵਾਲਾ ਹੈ) ।੧।ਰਹਾਉ।

ਹੇ ਪ੍ਰਭੂ! ਤੂੰ ਆਪ ਹੀ ਜਿਸ ਮਨੁੱਖ ਦੇ ਸਿਰ ਉੱਤੇ ਮਾਲਕ ਹੈਂ ਉਸ ਦੇ ਵੱਡੇ ਭਾਗ (ਸਮਝਣੇ ਚਾਹੀਦੇ) ਹਨ, ਉਹ ਸਦਾ ਸੌਖਾ (ਜੀਵਨ ਬਿਤੀਤ ਕਰਦਾ) ਹੈ ਉਹ ਸਦਾ ਸੁਖੀ (ਰਹਿੰਦਾ) ਹੈ ਉਸ ਦਾ ਹਰੇਕ ਕਿਸਮ ਦਾ ਡਰ ਤੇ ਭਰਮ ਦੂਰ ਹੋ ਜਾਂਦਾ ਹੈ ।੧।

(ਹੇ ਭਾਈ! ਜਗਤ ਵਿਚ) ਪਰਮਾਤਮਾ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ ਜਿਸ ਦਾ ਡਰ ਮੰਨਿਆ ਜਾਏ । (ਹੇ ਭਾਈ!) ਗੁਰੂ ਦੀ ਦੱਸੀ ਸੇਵਾ ਕੀਤਿਆਂ (ਪਰਮਾਤਮਾ ਦੇ ਚਰਨਾਂ ਵਿਚ) ਟਿਕਾਣਾ ਮਿਲ ਜਾਂਦਾ ਹੈ, ਤੇ ਇਸ ਸੰਸਾਰ (-ਸਮੁੰਦਰ) ਤੋਂ ਪਾਰ ਲੰਘ ਜਾਈਦਾ ਹੈ ਜਿਸ ਤੋਂ (ਉਂਞ) ਪਾਰ ਲੰਘਣਾ ਬਹੁਤ ਹੀ ਔਖਾ ਹੈ ।੨।

ਹੇ ਪ੍ਰਭੂ! ਤੇਰੀ ਮੇਹਰ ਦੀ ਨਜ਼ਰ ਨਾਲ ਸੁਖ ਮਿਲਦਾ ਹੈ (ਜਿਨ੍ਹਾਂ ਉਤੇ ਤੇਰੀ ਮੇਹਰ ਹੋਵੇ ਉਹਨਾਂ ਦੇ) ਮਨ ਵਿਚ (ਤੇਰਾ ਨਾਮ-) ਖ਼ਜ਼ਾਨਾ ਆ ਵੱਸਦਾ ਹੈ । ਹੇ ਪ੍ਰਭੂ! ਜਿਨ੍ਹਾਂ ਉਤੇ ਤੂੰ ਦਇਆਵਾਨ ਹੁੰਦਾ ਹੈਂ ਉਹ ਤੇਰੇ ਸੇਵਕ ਤੇਰੇ ਦਰ ਤੇ ਕਬੂਲ ਹੁੰਦੇ ਹਨ ।੩।

ਹੇ ਭਾਈ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਆਤਮਕ ਜੀਵਨ ਦੇਣ ਵਾਲਾ ਰਸ ਹੈ, ਕੋਈ ਵਿਰਲਾ (ਭਾਗਾਂ ਵਾਲਾ) ਮਨੁੱਖ ਇਹ (ਅੰਮ੍ਰਿਤ ਰਸ) ਪੀਂਦਾ ਹੈ ।

ਹੇ ਨਾਨਕ! (ਆਖ—ਜਿਸ ਨੌਕਰ ਨੂੰ) ਪਰਮਾਤਮਾ ਦਾ ਨਾਮ-ਵਜ਼ੀਫ਼ਾ ਮਿਲ ਜਾਂਦਾ ਹੈ ਉਹ ਆਪਣੇ ਹਿਰਦੇ ਵਿਚ ਇਹ ਨਾਮ ਸਦਾ ਜਪ ਕੇ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ ।੪।੧੪।੧੧੬।

ਆਸਾ ਮਹਲਾ ੫ ॥ ਜਾ ਪ੍ਰਭ ਕੀ ਹਉ ਚੇਰੁਲੀ ਸੋ ਸਭ ਤੇ ਊਚਾ ॥ ਸਭੁ ਕਿਛੁ ਤਾ ਕਾ ਕਾਂਢੀਐ ਥੋਰਾ ਅਰੁ ਮੂਚਾ ॥੧॥ ਜੀਅ ਪ੍ਰਾਨ ਮੇਰਾ ਧਨੋ ਸਾਹਿਬ ਕੀ ਮਨੀਆ ॥ ਨਾਮਿ ਜਿਸੈ ਕੈ ਊਜਲੀ ਤਿਸੁ ਦਾਸੀ ਗਨੀਆ ॥੧॥ ਰਹਾਉ ॥ ਵੇਪਰਵਾਹੁ ਅਨੰਦ ਮੈ ਨਾਉ ਮਾਣਕ ਹੀਰਾ ॥ ਰਜੀ ਧਾਈ ਸਦਾ ਸੁਖੁ ਜਾ ਕਾ ਤੂੰ ਮੀਰਾ ॥੨॥ ਸਖੀ ਸਹੇਰੀ ਸੰਗ ਕੀ ਸੁਮਤਿ ਦ੍ਰਿੜਾਵਉ ॥ ਸੇਵਹੁ ਸਾਧੂ ਭਾਉ ਕਰਿ ਤਉ ਨਿਧਿ ਹਰਿ ਪਾਵਉ ॥੩॥ ਸਗਲੀ ਦਾਸੀ ਠਾਕੁਰੈ ਸਭ ਕਹਤੀ ਮੇਰਾ ॥ ਜਿਸਹਿ ਸੀਗਾਰੇ ਨਾਨਕਾ ਤਿਸੁ ਸੁਖਹਿ ਬਸੇਰਾ ॥੪॥੧੫॥੧੧੭॥ {ਪੰਨਾ 400}

ਪਦਅਰਥ:- ਹਉ—ਮੈਂ । ਚੇਰੀ—ਦਾਸੀ । ਚੇਰੁਲੀ—ਨਿਮਾਣੀ ਜਿਹੀ ਦਾਸੀ । ਤੇ—ਤੋਂ, ਨਾਲੋਂ । ਤਾ ਕਾ—ਉਸ (ਪ੍ਰਭੂ) ਦਾ । ਕਾਂਢੀਐ—ਆਖਿਆ ਜਾਂਦਾ ਹੈ । ਮੂਚਾ—ਬਹੁਤਾ । ਥੋਰਾ ਅਰੁ ਮੂਚਾ—ਥੋੜਾ ਅਤੇ ਬਹੁਤਾ, ਨਿੱਕੀ ਵੱਡੀ ਹਰੇਕ ਚੀਜ਼ ।੧।

ਧਨੋ—ਧਨੁ । ਜੀਅ—ਜਿੰਦ । ਮਨੀਆ—ਮੰਨਦੀ ਹਾਂ । ਨਾਮਿ—ਨਾਮ ਦੀ ਰਾਹੀਂ । ਊਜਲੀ—ਸੁਰਖ਼-ਰੂ, ਇੱਜ਼ਤ ਵਾਲੀ । ਤਿਸੁ—ਉਸ (ਪ੍ਰਭੂ) ਦੀ । ਗਨੀਆ—ਗਿਣਦੀ ਹਾਂ ।੧।ਰਹਾਉ।

ਵੇਪਰਵਾਹੁ—ਬੇ-ਮੁਥਾਜ । ਅਨੰਦ ਮੈ—ਆਨੰਦ-ਸਰੂਪ । ਮਾਣਕ—ਮੋਤੀ । ਧਾਈ—ਧ੍ਰਾਪੀ, ਰੱਜੀ ਹੋਈ, ਤ੍ਰਿਪਤ । ਮੀਰਾ—ਪਾਤਿਸ਼ਾਹ ।੨।

ਸੰਗ ਕੀ—ਨਾਲ ਦੀ । ਸਹੇਰੀ—ਹੇ ਸਹੇਲੀਹੋ! ਸੁਮਤਿ—ਚੰਗੀ ਮਤਿ । ਦ੍ਰਿੜਾਵਉ—ਦ੍ਰਿੜਾਵਉਂ, ਮੈਂ ਨਿਸ਼ਚੇ ਕਰਾਂਦੀ ਹਾਂ । ਸਾਧੂ—ਗੁਰੂ । ਭਾਉ—ਪ੍ਰੇਮ । ਕਰਿ—ਕਰ ਕੇ । ਨਿਧਿ—ਖ਼ਜ਼ਾਨਾ । ਪਾਵਉ—ਮੈਂ ਹਾਸਲ ਕਰਦੀ ਹਾਂ, ਪਾਵਉਂ {ਨੋਟ:- ਲਫ਼ਜ਼ 'ਸੇਵਹੁ' ਅਤੇ 'ਪਾਵਉ' ਦੀ ਵਿਆਕਰਨਿਕ ਸ਼ਕਲ ਖ਼ਾਸ ਧਿਆਨ ਨਾਲ ਵੇਖਣ-ਜੋਗ ਹੈ} ।੩।

ਸਗਲੀ—ਸਾਰੀ, ਹਰੇਕ ਜੀਵ-ਇਸਤ੍ਰੀ । ਠਾਕੁਰੈ—ਠਾਕੁਰ ਦੀ । ਜਿਸਹਿ—ਜਿਸ ਨੂੰ । ਸੀਗਾਰੇ—ਸੁੰਦਰ ਬਣਾਂਦਾ ਹੈ । ਸੁਖਹਿ—ਸੁਖ ਵਿਚ । ਬਸੇਰਾ—ਵਾਸ ।੪।

ਅਰਥ:- ਹੇ ਸਹੇਲੀਹੋ! ਮੇਰੀ ਜਿੰਦ ਮੇਰੇ ਪ੍ਰਾਣ ਮੇਰਾ ਧਨ-ਪਦਾਰਥ—ਇਹ ਸਭ ਕੁਝ ਮੈਂ ਆਪਣੇ ਮਾਲਕ-ਪ੍ਰਭੂ ਦੀ ਦਿੱਤੀ ਹੋਈ ਦਾਤਿ ਮੰਨਦੀ ਹਾਂ । ਜਿਸ ਮਾਲਕ-ਪ੍ਰਭੂ ਦੇ ਨਾਮ ਦੀ ਬਰਕਤਿ ਨਾਲ ਮੈਂ ਇੱਜ਼ਤ ਵਾਲੀ ਹੋ ਗਈ ਹਾਂ ਮੈਂ ਆਪਣੇ ਆਪ ਨੂੰ ਉਸ ਦੀ ਦਾਸੀ ਗਿਣਤੀ ਹਾਂ ।੧।ਰਹਾਉ।

ਹੇ ਸਹੇਲੀਹੋ! ਮੈਂ ਜਿਸ ਪ੍ਰਭੂ ਦੀ ਨਿਮਾਣੀ ਜਿਹੀ ਦਾਸੀ ਹਾਂ ਮੇਰਾ ਉਹ ਮਾਲਕ-ਪ੍ਰਭੂ ਸਭਨਾਂ ਨਾਲੋਂ ਉੱਚਾ ਹੈ, ਮੇਰੇ ਪਾਸ ਜੋ ਕੁਝ ਭੀ ਨਿੱਕੀ ਵੱਡੀ ਚੀਜ਼ ਹੈ ਉਸ ਮਾਲਕ ਦੀ ਹੀ ਅਖਵਾਂਦੀ ਹੈ ।੧।

(ਹੇ ਮੇਰੇ ਮਾਲਕ-ਪ੍ਰਭੂ!) ਤੈਨੂੰ ਕਿਸੇ ਦੀ ਮੁਥਾਜੀ ਨਹੀਂ, ਤੂੰ ਸਦਾ ਆਨੰਦ-ਸਰੂਪ ਹੈਂ, ਤੇਰਾ ਨਾਮ ਮੇਰੇ ਵਾਸਤੇ ਮੋਤੀ ਹੈ ਹੀਰਾ ਹੈ । ਹੇ ਪ੍ਰਭੂ! ਜਿਸ ਜੀਵ-ਇਸਤ੍ਰੀ ਦਾ (ਜਿਸ ਜੀਵ-ਇਸਤ੍ਰੀ ਦੇ ਸਿਰ ਉਤੇ) ਤੂੰ ਪਾਤਿਸ਼ਾਹ (ਬਣਦਾ) ਹੈਂ ਉਹ (ਮਾਇਆ ਵਲੋਂ) ਰੱਜੀ ਰਹਿੰਦੀ ਹੈ ਤ੍ਰਿਪਤ ਹੋਈ ਰਹਿੰਦੀ ਹੈ ਉਹ ਸਦਾ ਆਨੰਦ ਮਾਣਦੀ ਹੈ ।੨।

ਹੇ ਮੇਰੇ ਨਾਲ ਦੀਓ ਸਹੇਲੀਹੋ! ਮੈਂ ਤੁਹਾਨੂੰ ਇਹ ਭਲੀ ਸਲਾਹ ਮੁੜ ਮੁੜ ਚੇਤੇ ਕਰਾਂਦੀ ਹਾਂ (ਜੋ ਮੈਨੂੰ ਗੁਰੂ ਪਾਸੋਂ ਮਿਲੀ ਹੋਈ ਹੈ), ਤੁਸੀ ਸਰਧਾ-ਪ੍ਰੇਮ ਧਾਰ ਕੇ ਗੁਰੂ ਦੀ ਸਰਨ ਪਵੋ । (ਮੈਂ ਜਦੋਂ ਦੀ ਗੁਰੂ ਦੀ ਸਰਨ ਪਈ ਹਾਂ) ਤਦੋਂ ਤੋਂ ਮੈਂ ਪਰਮਾਤਮਾ ਦਾ ਨਾਮ-ਖ਼ਜ਼ਾਨਾ ਪ੍ਰਾਪਤ ਕਰ ਰਹੀ ਹਾਂ ।੩।

ਹੇ ਮੇਰੀ ਸਹੇਲੀਹੋ! ਹਰੇਕ ਜੀਵ-ਇਸਤ੍ਰੀ ਹੀ ਮਾਲਕ-ਪ੍ਰਭੂ ਦੀ ਦਾਸੀ ਹੈ, ਹਰੇਕ ਜੀਵ-ਇਸਤ੍ਰੀ ਆਖਦੀ ਹੈ ਕਿ ਪਰਮਾਤਮਾ ਮੇਰਾ ਮਾਲਕ ਹੈ । ਪਰ, ਹੇ ਨਾਨਕ! (ਆਖ—ਹੇ ਸਹੇਲੀਹੋ!) ਜੀਵ-ਇਸਤ੍ਰੀ (ਦੇ ਜੀਵਨ) ਨੂੰ (ਮਾਲਕ-ਪ੍ਰਭੂ ਆਪ) ਸੋਹਣਾ ਬਣਾਂਦਾ ਹੈ ਉਸ ਦਾ ਨਿਵਾਸ ਸੁਖ-ਆਨੰਦ ਵਿਚ ਹੋਇਆ ਰਹਿੰਦਾ ਹੈ ।੪।੧੫।੧੧੭।

ਆਸਾ ਮਹਲਾ ੫ ॥ ਸੰਤਾ ਕੀ ਹੋਇ ਦਾਸਰੀ ਏਹੁ ਅਚਾਰਾ ਸਿਖੁ ਰੀ ॥ ਸਗਲ ਗੁਣਾ ਗੁਣ ਊਤਮੋ ਭਰਤਾ ਦੂਰਿ ਨ ਪਿਖੁ ਰੀ ॥੧॥ ਇਹੁ ਮਨੁ ਸੁੰਦਰਿ ਆਪਣਾ ਹਰਿ ਨਾਮਿ ਮਜੀਠੈ ਰੰਗਿ ਰੀ ॥ ਤਿਆਗਿ ਸਿਆਣਪ ਚਾਤੁਰੀ ਤੂੰ ਜਾਣੁ ਗੁਪਾਲਹਿ ਸੰਗਿ ਰੀ ॥੧॥ ਰਹਾਉ ॥ ਭਰਤਾ ਕਹੈ ਸੁ ਮਾਨੀਐ ਏਹੁ ਸੀਗਾਰੁ ਬਣਾਇ ਰੀ ॥ ਦੂਜਾ ਭਾਉ ਵਿਸਾਰੀਐ ਏਹੁ ਤੰਬੋਲਾ ਖਾਇ ਰੀ ॥੨॥ ਗੁਰ ਕਾ ਸਬਦੁ ਕਰਿ ਦੀਪਕੋ ਇਹ ਸਤ ਕੀ ਸੇਜ ਬਿਛਾਇ ਰੀ ॥ ਆਠ ਪਹਰ ਕਰ ਜੋੜਿ ਰਹੁ ਤਉ ਭੇਟੈ ਹਰਿ ਰਾਇ ਰੀ ॥੩॥ ਤਿਸ ਹੀ ਚਜੁ ਸੀਗਾਰੁ ਸਭੁ ਸਾਈ ਰੂਪਿ ਅਪਾਰਿ ਰੀ ॥ ਸਾਈ ਸੋੁਹਾਗਣਿ ਨਾਨਕਾ ਜੋ ਭਾਣੀ ਕਰਤਾਰਿ ਰੀ ॥੪॥੧੬॥੧੧੮॥ {ਪੰਨਾ 400}

ਪਦਅਰਥ:- ਸੰਤਾ ਕੀ—ਸਤਸੰਗੀਆਂ ਦੀ । ਹੋਇ—ਬਣ ਜਾ । ਦਾਸਰੀ—ਨਿਮਾਣੀ ਜਿਹੀ ਦਾਸੀ । ਆਚਾਰਾ—ਕਰਤੱਬ । ਰੀ—ਹੇ (ਜਿੰਦੇ)! ਊਤਮੋ—ਊਤਮੁ, ਸ੍ਰੇਸ਼ਟ । ਭਰਤਾ—ਖਸਮ-ਪ੍ਰਭੂ । ਨ ਪਿਖੁ—ਨਾਹ ਵੇਖ, ਨਾਹ ਸਮਝ ।੧।

ਸੁੰਦਰਿ—ਹੇ ਸੁੰਦਰੀ! ਹੇ ਸੋਹਣੀ ਜਿੰਦੇ! ਨਾਮਿ—ਨਾਮ ਵਿਚ । ਮਜੀਠੈ—ਮਜੀਠ ਨਾਲ, ਮਜੀਠ ਵਰਗੇ ਪੱਕੇ ਰੰਗ ਨਾਲ । ਚਾਤੁਰੀ—ਚਤੁਰਾਈ । ਗੁਪਾਲਹਿ—ਗੁਪਾਲ ਨੂੰ । ਸੰਗਿ—ਆਪਣੇ ਨਾਲ ਵੱਸਦਾ ।੧।ਰਹਾਉ।

ਮਾਨੀਐ—ਮੰਨਣਾ ਚਾਹੀਦਾ ਹੈ । ਸੀਗਾਰੁ—ਸਿੰਗਾਰੁ । ਦੂਜਾ ਭਾਉ—ਪ੍ਰਭੂ-ਪਤੀ ਨੂੰ ਛੱਡ ਕੇ ਕਿਸੇ ਹੋਰ ਦਾ ਪਿਆਰ । ਤੰਬੋਲਾ—ਪਾਨ ਦਾ ਬੀੜਾ ।੨।

ਕਰਿ—ਬਣਾ । ਦੀਪਕੋ—ਦੀਪਕੁ, ਦੀਵਾ । ਸਤ—ਉੱਚਾ ਆਚਰਨ । ਕਰ—(ਦੋਵੇਂ) ਹੱਥ । ਜੋੜਿ—ਜੋੜ ਕੇ । ਤਉ—ਤਦੋਂ ਹੀ । ਭੇਟੈ—ਮਿਲਦਾ ਹੈ । ਹਰਿ ਰਾਇ—ਪ੍ਰਭੂ-ਪਾਤਿਸ਼ਾਹ ।੩।

ਤਿਸ ਹੀ—ਉਸੇ ਦਾ ਹੀ {ਲਫ਼ਜ਼ 'ਤਿਸੁ' ਦਾ ੁ ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਿਆ ਹੈ} । ਚਜੁ—ਸੁਚੱਜ । ਸਭੁ—ਸਾਰਾ । ਸਾਈ—ਉਹ (ਜੀਵ-ਇਸਤ੍ਰੀ) ਹੀ । ਰੂਪਿ—ਸੋਹਣੇ ਰੂਪ ਵਾਲੀ । ਅਪਾਰਿ—ਅਪਾਰ-ਪ੍ਰਭੂ ਵਿਚ । ਸੋੁਹਾਗਣਿ—{ਅੱਖਰ 'ਸ' ਦੇ ਨਾਲ ਦੋ ਲਗਾਂ ਹਨ:- ੋ ਅਤੇ ੁ । ਅਸਲ ਲਫ਼ਜ਼ 'ਸੋਹਾਗਣਿ' ਹੈ; ਇਥੇ 'ਸੁਹਾਗਣਿ' ਪੜ੍ਹਨਾ ਹੈ} । ਭਾਣੀ—ਪਸੰਦ ਆਈ ਹੈ । ਕਰਤਾਰਿ—ਕਰਤਾਰ ਵਿਚ (ਲੀਨ) ।੪।

ਅਰਥ:- ਹੇ (ਮੇਰੀ) ਸੋਹਣੀ ਜਿੰਦੇ! ਤੂੰ ਆਪਣੇ ਇਸ ਮਨ ਨੂੰ ਮਜੀਠ (ਵਰਗੇ ਪੱਕੇ) ਪਰਮਾਤਮਾ ਦੇ ਨਾਮ-ਰੰਗ ਨਾਲ ਰੰਗ ਲੈ, ਆਪਣੇ ਅੰਦਰੋਂ ਸਿਆਣਪ ਤੇ ਚਤੁਰਾਈ ਛੱਡ ਕੇ (ਇਹ ਮਾਣ ਛੱਡ ਦੇ ਕਿ ਤੂੰ ਬੜੀ ਸਿਆਣੀ ਹੈਂ

ਤੇ ਚਤੁਰ ਹੈਂ), ਹੇ ਜਿੰਦੇ! ਸ੍ਰਿਸ਼ਟੀ ਦੇ ਪਾਲਕ-ਪ੍ਰਭੂ ਨੂੰ ਆਪਣੇ-ਨਾਲ-ਵੱਸਦਾ ਸਮਝਦੀ ਰਹੁ ।੧।ਰਹਾਉ।

ਹੇ ਮੇਰੀ ਸੋਹਣੀ ਜਿੰਦੇ! ਤੂੰ ਸਤਸੰਗੀਆਂ ਦੀ ਨਿਮਾਣੀ ਜਿਹੀ ਦਾਸੀ ਬਣੀ ਰਹੁ—ਬੱਸ! ਇਹ ਕਰਤੱਬ ਸਿੱਖ, ਤੇ, ਹੇ ਜਿੰਦੇ! ਉਸ ਖਸਮ-ਪ੍ਰਭੂ ਨੂੰ ਕਿਤੇ ਦੂਰ ਵੱਸਦਾ ਨਾਹ ਖ਼ਿਆਲ ਕਰ ਜੇਹੜਾ ਸਾਰੇ ਗੁਣਾਂ ਦਾ ਮਾਲਕ ਹੈ ਜੋ ਗੁਣਾਂ ਕਰਕੇ ਸਭ ਤੋਂ ਸ੍ਰੇਸ਼ਟ ਹੈ ।੧।

ਹੇ ਮੇਰੀ ਸੋਹਣੀ ਜਿੰਦੇ! ਖਸਮ-ਪ੍ਰਭੂ ਜੋ ਹੁਕਮ ਕਰਦਾ ਹੈ ਉਹ (ਮਿੱਠਾ ਕਰ ਕੇ) ਮੰਨਣਾ ਚਾਹੀਦਾ ਹੈ—ਬੱਸ! ਇਸ ਗੱਲ ਨੂੰ (ਆਪਣੇ ਜੀਵਨ ਦਾ) ਸਿੰਗਾਰ ਬਣਾਈ ਰੱਖ । ਪਰਮਾਤਮਾ ਤੋਂ ਬਿਨਾ ਹੋਰ (ਮਾਇਆ ਆਦਿਕ ਦਾ) ਪਿਆਰ ਭੁਲਾ ਦੇਣਾ ਚਾਹੀਦਾ ਹੈ—(ਇਹ ਨਿਯਮ ਆਤਮਕ ਜੀਵਨ ਵਾਸਤੇ, ਮਾਨੋ, ਪਾਨ ਦਾ ਬੀੜਾ ਹੈ) ਹੇ ਜਿੰਦੇ! ਇਹ ਪਾਨ ਖਾਇਆ ਕਰ ।੨।

ਹੇ ਮੇਰੀ ਸੋਹਣੀ ਜਿੰਦੇ! ਸਤਿਗੁਰੂ ਦੇ ਸ਼ਬਦ ਨੂੰ ਦੀਵਾ ਬਣਾ (ਜੋ ਤੇਰੇ ਅੰਦਰ ਆਤਮਕ ਜੀਵਨ ਦਾ ਚਾਨਣ ਪੈਦਾ ਕਰੇ) ਤੇ ਉਸ ਆਤਮਕ ਜੀਵਨ ਦੀ (ਆਪਣੇ ਹਿਰਦੇ ਵਿਚ) ਸੇਜ ਵਿਛਾ । ਹੇ ਸੋਹਣੀ ਜਿੰਦੇ! (ਆਪਣੇ ਅੰਦਰ ਆਤਮੇ) ਅੱਠੇ ਪਹਰ (ਦੋਵੇਂ) ਹੱਥ ਜੋੜ ਕੇ (ਪ੍ਰਭੂ-ਚਰਨਾਂ ਵਿਚ) ਟਿਕੀ ਰਹੁ, ਤਦੋਂ ਹੀ ਪ੍ਰਭੂ-ਪਾਤਿਸ਼ਾਹ (ਆ ਕੇ) ਮਿਲਦਾ ਹੈ ।੩।

ਹੇ ਨਾਨਕ! (ਆਖ—) ਹੇ ਮੇਰੀ ਸੋਹਣੀ ਜਿੰਦੇ! ਉਸੇ ਜੀਵ-ਇਸਤ੍ਰੀ ਦਾ ਸੁਚੱਜ ਮੰਨਿਆ ਜਾਂਦਾ ਹੈ ਉਸੇ ਜੀਵ-ਇਸਤ੍ਰੀ ਦਾ (ਆਤਮਕ) ਸਿੰਗਾਰ ਪਰਵਾਨ ਹੁੰਦਾ ਹੈ, ਉਹ ਜੀਵ-ਇਸਤ੍ਰੀ ਸੁੰਦਰ ਰੂਪ ਵਾਲੀ ਸਮਝੀ ਜਾਂਦੀ ਹੈ ਜੋ ਬੇਅੰਤ ਪਰਮਾਤਮਾ (ਦੇ ਚਰਨਾਂ) ਵਿਚ ਲੀਨ ਰਹਿੰਦੀ ਹੈ । ਹੇ ਜਿੰਦੇ! ਉਹੀ ਜੀਵ-ਇਸਤ੍ਰੀ ਸੁਹਾਗ-ਭਾਗ ਵਾਲੀ ਹੈ ਜੋ (ਕਰਤਾਰ ਨੂੰ) ਪਿਆਰੀ ਲੱਗਦੀ ਹੈ ਜੋ ਕਰਤਾਰ (ਦੀ ਯਾਦ) ਵਿਚ ਲੀਨ ਰਹਿੰਦੀ ਹੈ ।੪।੧੬।੧੧੮।

ਆਸਾ ਮਹਲਾ ੫ ॥ ਡੀਗਨ ਡੋਲਾ ਤਊ ਲਉ ਜਉ ਮਨ ਕੇ ਭਰਮਾ ॥ ਭ੍ਰਮ ਕਾਟੇ ਗੁਰਿ ਆਪਣੈ ਪਾਏ ਬਿਸਰਾਮਾ ॥੧॥ ਓਇ ਬਿਖਾਦੀ ਦੋਖੀਆ ਤੇ ਗੁਰ ਤੇ ਹੂਟੇ ॥ ਹਮ ਛੂਟੇ ਅਬ ਉਨ੍ਹਾ ਤੇ ਓਇ ਹਮ ਤੇ ਛੂਟੇ ॥੧॥ ਰਹਾਉ ॥ ਮੇਰਾ ਤੇਰਾ ਜਾਨਤਾ ਤਬ ਹੀ ਤੇ ਬੰਧਾ ॥ ਗੁਰਿ ਕਾਟੀ ਅਗਿਆਨਤਾ ਤਬ ਛੁਟਕੇ ਫੰਧਾ ॥੨॥ ਜਬ ਲਗੁ ਹੁਕਮੁ ਨ ਬੂਝਤਾ ਤਬ ਹੀ ਲਉ ਦੁਖੀਆ ॥ ਗੁਰ ਮਿਲਿ ਹੁਕਮੁ ਪਛਾਣਿਆ ਤਬ ਹੀ ਤੇ ਸੁਖੀਆ ॥੩॥ ਨਾ ਕੋ ਦੁਸਮਨੁ ਦੋਖੀਆ ਨਾਹੀ ਕੋ ਮੰਦਾ ॥ ਗੁਰ ਕੀ ਸੇਵਾ ਸੇਵਕੋ ਨਾਨਕ ਖਸਮੈ ਬੰਦਾ ॥੪॥੧੭॥੧੧੯॥ {ਪੰਨਾ 400}

ਪਦਅਰਥ:- ਡੀਗਨ—(ਵਿਕਾਰਾਂ ਵਿਚ) ਡਿੱਗਣਾ । ਡੋਲਾ—(ਮਾਇਆ ਦੇ ਮੋਹ ਵਿਚ) ਡੋਲ ਜਾਣਾ, ਮੋਹ ਵਿਚ ਫਸ ਜਾਣਾ । ਤਊ ਲਉ—ਉਤਨਾ ਚਿਰ ਤਕ ਹੀ । ਭਰਮਾ—ਦੌੜ-ਭੱਜਾਂ । ਗੁਰਿ—ਗੁਰੂ ਨੇ । ਬਿਸਰਾਮਾ—ਟਿਕਾਉ ।੧।

ਓਇ—{ਲਫ਼ਜ਼ 'ਓਹੁ' ਤੋਂ ਬਹੁ-ਵਚਨ'} । ਬਿਖਾਦੀ—ਝਗੜਾਲੂ । ਦੋਖੀਆ—ਵੈਰੀ । ਤੇ—ਉਹ ਸਾਰੇ । ਗੁਰ ਤੇ—ਗੁਰੂ ਤੋਂ, ਗੁਰੂ ਦੀ ਰਾਹੀਂ । ਹੂਟੇ—ਹੁੱਟ ਗਏ, ਥੱਕ ਗਏ । ਉਨ੍ਹਾ ਤੇ—ਉਹਨਾਂ ਪਾਸੋਂ । ਹਮ ਤੇ—ਸਾਡੇ ਪਾਸੋਂ ।੧।ਰਹਾਉ।

ਮੇਰਾ ਤੇਰਾ—ਮੇਰ ਤੇਰ, ਵਿਤਕਰਾ । ਤਬ ਹੀ ਤੇ—ਤਦੋਂ ਹੀ । ਬੰਧਾ—ਮੋਹ ਦੇ ਬੰਧਨ । ਛੁਟਕੇ—ਖੁਲ੍ਹ ਗਏ, ਟੁੱਟ ਗਏ । ਫੰਧਾ—ਫਾਹੀਆਂ । ੨।

ਤਬ ਹੀ ਲਉ—ਤਦ ਤਕ ਹੀ । ਗੁਰ ਮਿਲਿ—ਗੁਰੂ ਨੂੰ ਮਿਲ ਕੇ । ਤਬ ਹੀ ਤੇ—ਤਦੋਂ ਤੋਂ ਹੀ ।੩।

ਕੋ—ਕੋਈ ਮਨੁੱਖ । ਦੋਖੀਆ—ਵੈਰੀ । ਖਸਮ—ਖਸਮ ਦਾ ।੪।

ਅਰਥ:- (ਹੇ ਭਾਈ!) ਇਹ ਜਿਤਨੇ ਭੀ ਕਾਮਾਦਿਕ ਝਗੜਾਲੂ ਵੈਰੀ ਹਨ ਗੁਰੂ ਦੀ ਸਰਨ ਪਿਆਂ ਇਹ ਸਾਰੇ ਹੀ ਥੱਕ ਗਏ ਹਨ (ਸਾਨੂੰ ਦੁਖੀ ਕਰਨੋਂ ਰਹਿ ਗਏ ਹਨ) । ਹੁਣ ਉਹਨਾਂ ਪਾਸੋਂ ਸਾਡੀ ਖ਼ਲਾਸੀ ਹੋ ਗਈ ਹੈ, ਉਹ ਸਾਰੇ ਸਾਡਾ ਖਹਿੜਾ ਛੱਡ ਗਏ ਹਨ ।੧।ਰਹਾਉ।

ਹੇ ਭਾਈ! ਵਿਕਾਰਾਂ ਵਿਚ ਡਿੱਗਣ ਤੇ ਮੋਹ ਵਿਚ ਫਸਣ ਦਾ ਸਬਬ ਤਦੋਂ ਤਕ ਬਣਿਆ ਰਹਿੰਦਾ ਹੈ ਜਦੋਂ ਤਕ ਮਨੁੱਖ ਦੇ ਮਨ ਦੀਆਂ (ਮਾਇਆ ਦੀ ਖ਼ਾਤਰ) ਦੌੜਾਂ ਭੱਜਾਂ ਟਿਕੀਆਂ ਰਹਿੰਦੀਆਂ ਹਨ । ਪਰ ਪਿਆਰੇ ਗੁਰੂ ਨੇ ਜਿਸ ਮਨੁੱਖ ਦੀਆਂ ਭਟਕਣਾਂ ਦੂਰ ਕਰ ਦਿੱਤੀਆਂ ਉਸ ਨੇ ਮਾਨਸਕ ਟਿਕਾਉ ਪ੍ਰਾਪਤ ਕਰ ਲਿਆ ।੧।

ਜਦੋਂ ਤੋਂ ਮਨੁੱਖ ਵਿਤਕਰੇ ਕਰਦਾ ਚਲਿਆ ਆਉਂਦਾ ਹੈ ਤਦੋਂ ਤੋਂ ਹੀ ਇਸ ਨੂੰ ਮਾਇਆ ਦੇ ਮੋਹ ਦੇ ਬੰਧਨ ਪਏ ਹੋਏ ਹਨ । ਪਰ ਜਦੋਂ ਗੁਰੂ ਨੇ ਅਗਿਆਨਤਾ ਦੂਰ ਕਰ ਦਿੱਤੀ ਤਦੋਂ ਮੋਹ ਦੀਆਂ ਫਾਹੀਆਂ ਤੋਂ ਖ਼ਲਾਸੀ ਹੋ ਗਈ ।੨।

ਹੇ ਭਾਈ! ਜਦ ਤਕ ਮਨੁੱਖ ਪਰਮਾਤਮਾ ਦੀ ਰਜ਼ਾ ਨੂੰ ਨਹੀਂ ਸਮਝਦਾ ਉਤਨਾ ਚਿਰ ਤਕ ਹੀ ਦੁਖੀ ਰਹਿੰਦਾ ਹੈ । ਪਰ ਜਿਸ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੀ ਰਜ਼ਾ ਨੂੰ ਸਮਝ ਲਿਆ ਉਹ ਉਸੇ ਵੇਲੇ ਤੋਂ ਸੁਖੀ ਹੋ ਗਿਆ ।੩।

ਹੇ ਨਾਨਕ! ਜੇਹੜਾ ਮਨੁੱਖ ਗੁਰੂ ਦੀ ਦੱਸੀ ਸੇਵਾ ਕਰ ਕੇ ਪਰਮਾਤਮਾ ਦਾ ਸੇਵਕ ਬਣ ਜਾਂਦਾ ਹੈ ਖਸਮ-ਪ੍ਰਭੂ ਦਾ ਗ਼ੁਲਾਮ ਬਣ ਜਾਂਦਾ ਹੈ, ਉਸ ਨੂੰ ਕੋਈ ਮਨੁੱਖ ਆਪਣਾ ਦੁਸ਼ਮਨ ਨਹੀਂ ਦਿੱਸਦਾ, ਕੋਈ ਵੈਰੀ ਨਹੀਂ ਜਾਪਦਾ, ਕੋਈ ਉਸ ਨੂੰ ਭੈੜਾ ਨਹੀਂ ਲੱਗਦਾ ।੪।੧੭।੧੧੯।